ਸੋਰਠਿ ਮਹਲਾ ੩ ॥ ਹਰਿ ਜੀਉ ਤੁਧੁ ਨੋ ਸਦਾ ਸਾਲਾਹੀ ਪਿਆਰੇ ਜਿਚਰੁ ਘਟ ਅੰਤਰਿ ਹੈ ਸਾਸਾ ॥ ਇਕੁ ਪਲੁ ਖਿਨੁ ਵਿਸਰਹਿ ਤੂ ਸੁਆਮੀ ਜਾਣਉ ਬਰਸ ਪਚਾਸਾ ॥ ਹਮ ਮੂੜ ਮੁਗਧ ਸਦਾ ਸੇ ਭਾਈ ਗੁਰ ਕੈ ਸਬਦਿ ਪ੍ਰਗਾਸਾ ॥੧॥ ਹਰਿ ਜੀਉ ਤੁਮ ਆਪੇ ਦੇਹੁ ਬੁਝਾਈ ॥ ਹਰਿ ਜੀਉ ਤੁਧੁ ਵਿਟਹੁ ਵਾਰਿਆ ਸਦ ਹੀ ਤੇਰੇ ਨਾਮ ਵਿਟਹੁ ਬਲਿ ਜਾਈ ॥ ਰਹਾਉ ॥ ਹਮ ਸਬਦਿ ਮੁਏ ਸਬਦਿ ਮਾਰਿ ਜੀਵਾਲੇ ਭਾਈ ਸਬਦੇ ਹੀ ਮੁਕਤਿ ਪਾਈ ॥ ਸਬਦੇ ਮਨੁ ਤਨੁ ਨਿਰਮਲੁ ਹੋਆ ਹਰਿ ਵਸਿਆ ਮਨਿ ਆਈ ॥ ਸਬਦੁ ਗੁਰ ਦਾਤਾ ਜਿਤੁ ਮਨੁ ਰਾਤਾ ਹਰਿ ਸਿਉ ਰਹਿਆ ਸਮਾਈ ॥੨॥ ਸਬਦੁ ਨ ਜਾਣਹਿ ਸੇ ਅੰਨੇ ਬੋਲੇ ਸੇ ਕਿਤੁ ਆਏ ਸੰਸਾਰਾ ॥ ਹਰਿ ਰਸੁ ਨ ਪਾਇਆ ਬਿਰਥਾ ਜਨਮੁ ਗਵਾਇਆ ਜੰਮਹਿ ਵਾਰੋ ਵਾਰਾ ॥ ਬਿਸਟਾ ਕੇ ਕੀੜੇ ਬਿਸਟਾ ਮਾਹਿ ਸਮਾਣੇ ਮਨਮੁਖ ਮੁਗਧ ਗੁਬਾਰਾ ॥੩॥ ਆਪੇ ਕਰਿ ਵੇਖੈ ਮਾਰਗਿ ਲਾਏ ਭਾਈ ਤਿਸੁ ਬਿਨੁ ਅਵਰੁ ਨ ਕੋਈ ॥ ਜੋ ਧੁਰਿ ਲਿਖਿਆ ਸੁ ਕੋਇ ਨ ਮੇਟੈ ਭਾਈ ਕਰਤਾ ਕਰੇ ਸੁ ਹੋਈ ॥ ਨਾਨਕ ਨਾਮੁ ਵਸਿਆ ਮਨ ਅੰਤਰਿ ਭਾਈ ਅਵਰੁ ਨ ਦੂਜਾ ਕੋਈ ॥੪॥੪॥ {ਪੰਨਾ 601}

ਪਦਅਰਥ:- ਸਾਲਾਹੀ—ਸਲਾਹੀਂ, ਮੈਂ ਸਾਲਾਹੁੰਦਾ ਰਹਾਂ । ਜਿਚਰੁ—ਜਿਤਨਾ ਚਿਰ । ਘਟ ਅੰਤਰਿ—ਸਰੀਰ ਵਿਚ । ਸਾਸਾ—ਸਾਹ, ਜਿੰਦ । ਜਾਣਉ—ਜਾਣਉਂ, ਮੈਂ ਜਾਣਦਾ ਹਾਂ । ਮੁਗਧ—ਮੂਰਖ । ਸੇ—ਸਾਂ ।੧।

ਬੁਝਾਈ—ਸਮਝ । ਵਿਟਹੁ—ਤੋਂ । ਬਲਿ ਜਾਈ—ਬਲਿ ਜਾਈ, ਮੈਂ ਸਦਕੇ ਜਾਂਦਾ ਹਾਂ ।ਰਹਾਉ।

ਮੁਏ—(ਵਿਕਾਰਾਂ ਵਲੋਂ) ਮਰ ਸਕਦੇ ਹਾਂ । ਜੀਵਾਲੇ—ਆਤਮਕ ਜੀਵਨ ਦੇਂਦਾ ਹੈ । ਮੁਕਤਿ—ਵਿਕਾਰਾਂ ਤੋਂ ਖ਼ਲਾਸੀ । ਆਈ—ਆਇ, ਆ ਕੇ । ਦਾਤਾ—ਨਾਮ ਦੀ ਦਾਤਿ ਦੇਣ ਵਾਲਾ । ਜਿਤੁ—ਜਿਸ ਵਿਚ ।੨।

ਸੇ—ਉਹ ਬੰਦੇ । ਕਿਤੁ—ਕਾਹਦੇ ਲਈ? ਵਾਰੋ ਵਾਰਾ—ਮੁੜ ਮੁੜ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਗੁਬਾਰਾ—ਹਨੇਰਾ ।੩।

ਆਪੇ—ਆਪ ਹੀ । ਕਰਿ—ਪੈਦਾ ਕਰ ਕੇ । ਵੇਖੈ—ਸੰਭਾਲਦਾ ਹੈ । ਧੁਰਿ—ਧੁਰ ਦਰਗਾਹ ਤੋਂ । ਕਰਤਾ—ਕਰਤਾਰ ।੪।

ਅਰਥ:- ਹੇ ਪ੍ਰਭੂ ਜੀ! ਤੂੰ ਆਪ ਹੀ (ਆਪਣਾ ਨਾਮ ਜਪਣ ਦੀ ਮੈਨੂੰ) ਸਮਝ ਬਖ਼ਸ਼ । ਹੇ ਪ੍ਰਭੂ! ਮੈਂ ਤੈਥੋਂ ਸਦਾ ਸਦਕੇ ਜਾਵਾਂ, ਮੈਂ ਤੇਰੇ ਨਾਮ ਤੋਂ ਕੁਰਬਾਨ ਜਾਵਾਂ ।ਰਹਾਉ।

ਹੇ ਪਿਆਰੇ ਪ੍ਰਭੂ ਜੀ! (ਮੇਹਰ ਕਰ) ਜਿਤਨਾ ਚਿਰ ਮੇਰੇ ਸਰੀਰ ਵਿਚ ਜਿੰਦ ਹੈ, ਮੈਂ ਸਦਾ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ । ਹੇ ਮਾਲਕ-ਪ੍ਰਭੂ! ਜਦੋਂ ਤੂੰ ਮੈਨੂੰ ਇਕ ਪਲ-ਭਰ ਇਕ ਛਿਨ-ਭਰ ਵਿੱਸਰਦਾ ਹੈਂ, ਮੈਂ ਪੰਜਾਹ ਸਾਲ ਬੀਤ ਗਏ ਸਮਝਦਾ ਹਾਂ । ਹੇ ਭਾਈ! ਅਸੀ ਸਦਾ ਤੋਂ ਮੂਰਖ ਅੰਞਾਣ ਤੁਰੇ ਆ ਰਹੇ ਸਾਂ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਸਾਡੇ ਅੰਦਰ ਆਤਮਕ ਜੀਵਨ ਦਾ) ਚਾਨਣ ਹੋਇਆ ਹੈ ।੧।

ਹੇ ਭਾਈ! ਅਸੀ (ਜੀਵ) ਗੁਰੂ ਦੇ ਸ਼ਬਦ ਦੀ ਰਾਹੀਂ (ਵਿਕਾਰਾਂ ਵਲੋਂ) ਮਰ ਸਕਦੇ ਹਾਂ, ਸ਼ਬਦ ਦੀ ਰਾਹੀਂ ਹੀ (ਵਿਕਾਰਾਂ ਵਲੋਂ) ਮਾਰ ਕੇ (ਗੁਰੂ) ਆਤਮਕ ਜੀਵਨ ਦੇਂਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਵਿਕਾਰਾਂ ਵਲੋਂ ਖ਼ਲਾਸੀ ਹਾਸਲ ਹੁੰਦੀ ਹੈ । ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਨ ਪਵਿਤ੍ਰ ਹੁੰਦਾ ਹੈ, ਸਰੀਰ ਪਵਿਤ੍ਰ ਹੁੰਦਾ ਹੈ, ਅਤੇ ਪਰਮਾਤਮਾ ਮਨ ਵਿਚ ਆ ਵੱਸਦਾ ਹੈ । ਹੇ ਭਾਈ! ਗੁਰੂ ਦਾ ਸ਼ਬਦ (ਹੀ ਨਾਮ ਦੀ ਦਾਤਿ) ਦੇਣ ਵਾਲਾ ਹੈ, ਜਦੋਂ

ਸ਼ਬਦ ਵਿਚ ਮਨ ਰੰਗਿਆ ਜਾਂਦਾ ਹੈ ਤਾਂ ਪਰਮਾਤਮਾ ਵਿਚ ਲੀਨ ਹੋ ਜਾਂਦਾ ਹੈ ।੨।

ਹੇ ਭਾਈ! ਜੇਹੜੇ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦੇ ਉਹ (ਮਾਇਆ ਦੇ ਮੋਹ ਵਿਚ ਆਤਮਕ ਜੀਵਨ ਵਲੋਂ) ਅੰਨ੍ਹੇ ਬੋਲੇ ਹੋਏ ਰਹਿੰਦੇ ਹਨ, ਸੰਸਾਰ ਵਿਚ ਆ ਕੇ ਉਹ ਕੁਝ ਨਹੀਂ ਖੱਟਦੇ । ਉਹਨਾਂ ਨੂੰ ਪ੍ਰਭੂ ਦੇ ਨਾਮ ਦਾ ਸੁਆਦ ਨਹੀਂ ਆਉਂਦਾ, ਉਹ ਆਪਣਾ ਜੀਵਨ ਵਿਅਰਥ ਗਵਾ ਜਾਂਦੇ ਹਨ, ਉਹ ਮੁੜ ਮੁੜ ਜੰਮਦੇ ਮਰਦੇ ਰਹਿੰਦੇ ਹਨ । ਜਿਵੇਂ ਗੰਦ ਦੇ ਕੀੜੇ ਗੰਦ ਵਿਚ ਹੀ ਟਿਕੇ ਰਹਿੰਦੇ ਹਨ, ਤਿਵੇਂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ (ਅਗਿਆਨਤਾ ਦੇ) ਹਨੇਰੇ ਵਿਚ ਹੀ (ਮਸਤ ਰਹਿੰਦੇ ਹਨ) ।੩।

ਪਰ, ਹੇ ਭਾਈ! (ਜੀਵਾਂ ਦੇ ਭੀ ਕੀਹ ਵੱਸ?) ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ ਸੰਭਾਲ ਕਰਦਾ ਹੈ, ਆਪ ਹੀ (ਜੀਵਨ ਦੇ ਸਹੀ) ਰਸਤੇ ਪਾਂਦਾ ਹੈ, ਉਸ ਪ੍ਰਭੂ ਤੋਂ ਬਿਨਾ ਹੋਰ ਕੋਈ ਨਹੀਂ (ਜੋ ਜੀਵਾਂ ਨੂੰ ਰਾਹ ਦੱਸ ਸਕੇ) । ਹੇ ਭਾਈ! ਕਰਤਾਰ ਜੋ ਕੁਝ ਕਰਦਾ ਹੈ ਉਹੀ ਹੁੰਦਾ ਹੈ, ਧੁਰ ਦਰਗਾਹ ਤੋਂ (ਜੀਵਾਂ ਦੇ ਮੱਥੇ ਤੇ ਲੇਖ) ਲਿਖ ਦੇਂਦਾ ਹੈ, ਉਸ ਨੂੰ ਕੋਈ (ਹੋਰ) ਮਿਟਾ ਨਹੀਂ ਸਕਦਾ । ਹੇ ਨਾਨਕ! (ਆਖ—) ਹੇ ਭਾਈ! (ਉਸ ਪ੍ਰਭੂ ਦੀ ਮੇਹਰ ਨਾਲ ਹੀ ਉਸ ਦਾ) ਨਾਮ (ਮਨੁੱਖ ਦੇ) ਮਨ ਵਿਚ ਵੱਸ ਸਕਦਾ ਹੈ, ਕੋਈ ਹੋਰ ਇਹ ਦਾਤਿ ਦੇਣ ਜੋਗਾ ਨਹੀਂ ਹੈ ।੪।੪।

ਸੋਰਠਿ ਮਹਲਾ ੩ ॥ ਗੁਰਮੁਖਿ ਭਗਤਿ ਕਰਹਿ ਪ੍ਰਭ ਭਾਵਹਿ ਅਨਦਿਨੁ ਨਾਮੁ ਵਖਾਣੇ ॥ ਭਗਤਾ ਕੀ ਸਾਰ ਕਰਹਿ ਆਪਿ ਰਾਖਹਿ ਜੋ ਤੇਰੈ ਮਨਿ ਭਾਣੇ ॥ ਤੂ ਗੁਣਦਾਤਾ ਸਬਦਿ ਪਛਾਤਾ ਗੁਣ ਕਹਿ ਗੁਣੀ ਸਮਾਣੇ ॥੧॥ ਮਨ ਮੇਰੇ ਹਰਿ ਜੀਉ ਸਦਾ ਸਮਾਲਿ ॥ ਅੰਤ ਕਾਲਿ ਤੇਰਾ ਬੇਲੀ ਹੋਵੈ ਸਦਾ ਨਿਬਹੈ ਤੇਰੈ ਨਾਲਿ ॥ ਰਹਾਉ ॥ ਦੁਸਟ ਚਉਕੜੀ ਸਦਾ ਕੂੜੁ ਕਮਾਵਹਿ ਨਾ ਬੂਝਹਿ ਵੀਚਾਰੇ ॥ ਨਿੰਦਾ ਦੁਸਟੀ ਤੇ ਕਿਨਿ ਫਲੁ ਪਾਇਆ ਹਰਣਾਖਸ ਨਖਹਿ ਬਿਦਾਰੇ ॥ ਪ੍ਰਹਿਲਾਦੁ ਜਨੁ ਸਦ ਹਰਿ ਗੁਣ ਗਾਵੈ ਹਰਿ ਜੀਉ ਲਏ ਉਬਾਰੇ ॥੨॥ ਆਪਸ ਕਉ ਬਹੁ ਭਲਾ ਕਰਿ ਜਾਣਹਿ ਮਨਮੁਖਿ ਮਤਿ ਨ ਕਾਈ ॥ ਸਾਧੂ ਜਨ ਕੀ ਨਿੰਦਾ ਵਿਆਪੇ ਜਾਸਨਿ ਜਨਮੁ ਗਵਾਈ ॥ ਰਾਮ ਨਾਮੁ ਕਦੇ ਚੇਤਹਿ ਨਾਹੀ ਅੰਤਿ ਗਏ ਪਛੁਤਾਈ ॥੩॥ ਸਫਲੁ ਜਨਮੁ ਭਗਤਾ ਕਾ ਕੀਤਾ ਗੁਰ ਸੇਵਾ ਆਪਿ ਲਾਏ ॥ ਸਬਦੇ ਰਾਤੇ ਸਹਜੇ ਮਾਤੇ ਅਨਦਿਨੁ ਹਰਿ ਗੁਣ ਗਾਏ ॥ ਨਾਨਕ ਦਾਸੁ ਕਹੈ ਬੇਨੰਤੀ ਹਉ ਲਾਗਾ ਤਿਨ ਕੈ ਪਾਏ ॥੪॥੫॥ {ਪੰਨਾ 601}

ਪਦਅਰਥ:- ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲੇ ਮਨੁੱਖ । ਪ੍ਰਭ ਭਾਵਹਿ—ਪ੍ਰਭੂ ਨੂੰ ਪਿਆਰੇ ਲੱਗਦੇ ਹਨ । ਵਖਾਣੇ—ਵਖਾਣਿ, ਵਖਾਣ ਕੇ । ਸਾਰ—ਸੰਭਾਲ । ਕਰਹਿ—ਤੂੰ ਕਰਦਾ ਹੈਂ । ਮਨਿ—ਮਨ ਵਿਚ । ਸਬਦਿ—ਸ਼ਬਦ ਦੀ ਰਾਹੀਂ । ਗੁਣੀ—ਗੁਣਾਂ ਦੇ ਮਾਲਕ-ਪ੍ਰਭੂ ਵਿਚ ।੧।

ਸਮਾਲਿ—ਸੰਭਾਲ, ਚੇਤੇ ਰੱਖ । ਬੇਲੀ—ਮਦਦ-ਗਾਰ ।ਰਹਾਉ।

ਦੁਸਟ ਚਉਕੜੀ—ਦੁਸ਼ਟਾਂ ਦਾ ਟੋਲਾ । ਵੀਚਾਰੇ—ਵੀਚਾਰਿ, ਵਿਚਾਰ ਕਰ ਕੇ । ਦੁਸਟੀ—ਚੰਦਰੀ । ਕਿਨਿ—ਕਿਸ ਨੇ? ਨਖਹਿ—ਨਹੁੰਆਂ ਨਾਲ । ਬਿਦਾਰੇ—ਪਾੜਿਆ ਗਿਆ । ਲਏ ਉਬਾਰੇ—ਲਏ ਉਬਾਰਿ ।੨।

ਆਪਸ ਕਉ—ਆਪਣੇ ਆਪ ਨੂੰ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਵਿਆਪੇ—ਰੁੱਝੇ ਰਹਿੰਦੇ ਹਨ । ਜਾਸਨਿ—ਜਾਣਗੇ । ਗਵਾਈ—ਗਵਾਇ । ਅੰਤਿ—ਆਖ਼ਰ ਨੂੰ, ਅਖੀਰ ਵੇਲੇ ।੩।

ਸਬਦੇ—ਸਬਦਿ, ਸ਼ਬਦ ਵਿਚ । ਰਾਤੇ—ਰੰਗੇ ਰਹਿੰਦੇ ਹਨ । ਸਹਜੇ—ਸਹਜਿ, ਆਤਮਕ ਅਡੋਲਤਾ ਵਿਚ । ਮਾਤੇ—ਮਸਤ । ਗਾਏ—ਗਾਇ, ਗਾ ਕੇ । ਤਿਨ ਕੈ ਪਾਏ—ਉਹਨਾਂ ਦੀ ਪੈਰੀਂ ।੪।

ਅਰਥ:- ਹੇ ਮੇਰੇ ਮਨ! ਪਰਮਾਤਮਾ ਨੂੰ ਸਦਾ ਚੇਤੇ ਕਰਦਾ ਰਹੁ । ਅਖ਼ੀਰਲੇ ਸਮੇ ਪਰਮਾਤਮਾ ਹੀ ਤੇਰਾ ਮਦਦਗਾਰ ਬਣੇਗਾ, ਪਰਮਾਤਮਾ ਸਦਾ ਤੇਰੇ ਨਾਲ ਸਾਥ ਨਿਬਾਹੇਗਾ ।ਰਹਾਉ।

ਹੇ ਭਾਈ! ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰ ਕੇ ਭਗਤੀ ਕਰਦੇ ਹਨ ਅਤੇ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ । ਹੇ ਪ੍ਰਭੂ! ਭਗਤਾਂ ਦੀ ਸੰਭਾਲ ਤੂੰ ਆਪ ਕਰਦਾ ਹੈਂ, ਤੂੰ ਆਪ ਉਹਨਾਂ ਦੀ ਰੱਖਿਆ ਕਰਦਾ ਹੈਂ, ਕਿਉਂਕਿ ਉਹ ਤੈਨੂੰ ਆਪਣੇ ਮਨ ਵਿਚ ਪਿਆਰੇ ਲੱਗਦੇ ਹਨ । ਤੂੰ ਉਹਨਾਂ ਨੂੰ ਆਪਣੇ ਗੁਣ ਬਖ਼ਸ਼ਦਾ ਹੈਂ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਤੇਰੇ ਨਾਲ ਸਾਂਝ ਪਾਂਦੇ ਹਨ । ਹੇ ਭਾਈ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ ਕਰ ਕੇ (ਭਗਤ) ਗੁਣਾਂ ਦੇ ਮਾਲਕ-ਪ੍ਰਭੂ ਵਿਚ ਲੀਨ ਰਹਿੰਦੇ ਹਨ ।੧।

ਪਰ, ਹੇ ਭਾਈ! ਭੈੜੇ ਮਨੁੱਖ ਸਦਾ ਭੈੜ ਹੀ ਕਮਾਂਦੇ ਹਨ, ਉਹ ਵਿਚਾਰ ਕਰ ਕੇ ਸਮਝਦੇ ਨਹੀਂ ਕਿ ਭੈੜੀ ਨਿੰਦਿਆ (ਆਦਿਕ) ਤੋਂ ਕਿਸੇ ਨੇ ਕਦੇ ਚੰਗਾ ਫਲ ਨਹੀਂ ਪਾਇਆ । ਹਰਣਾਖਸ਼ (ਨੇ ਭਗਤ ਨੂੰ ਦੁੱਖ ਦੇਣਾ ਸ਼ੁਰੂ ਕੀਤਾ, ਤਾਂ ਉਹ) ਨਹੁੰਆਂ ਨਾਲ ਚੀਰਿਆ ਗਿਆ । ਪਰਮਾਤਮਾ ਦਾ ਭਗਤ ਪ੍ਰਹਿਲਾਦ ਸਦਾ ਪਰਮਾਤਮਾ ਦੇ ਗੁਣ ਗਾਂਦਾ ਸੀ, ਪਰਮਾਤਮਾ ਨੇ ਉਸ ਨੂੰ (ਨਰਸਿੰਘ ਰੂਪ ਧਾਰ ਕੇ) ਬਚਾ ਲਿਆ ।੨।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਕੋਈ ਅਕਲ-ਸ਼ਊਰ ਨਹੀਂ ਹੁੰਦੀ, ਉਹ ਆਪਣੇ ਆਪ ਨੂੰ ਤਾਂ ਚੰਗਾ ਸਮਝਦੇ ਹਨ, ਪਰ ਨੇਕ ਬੰਦਿਆਂ ਦੀ ਨਿੰਦਿਆ ਕਰਨ ਵਿਚ ਰੁੱਝੇ ਰਹਿੰਦੇ ਹਨ, ਉਹ ਆਪਣਾ ਜੀਵਨ ਵਿਅਰਥ ਗਵਾ ਜਾਂਦੇ ਹਨ । ਉਹ ਪਰਮਾਤਮਾ ਦਾ ਨਾਮ ਕਦੇ ਯਾਦ ਨਹੀਂ ਕਰਦੇ, ਆਖ਼ਰ ਹੱਥ ਮਲਦੇ (ਜਗਤ ਤੋਂ) ਚਲੇ ਜਾਂਦੇ ਹਨ ।੩।

ਹੇ ਭਾਈ! ਪਰਮਾਤਮਾ ਆਪ ਹੀ ਭਗਤਾਂ ਦੀ ਜ਼ਿੰਦਗੀ ਕਾਮਯਾਬ ਬਣਾਂਦਾ ਹੈ, ਉਹ ਆਪ ਹੀ ਉਹਨਾਂ ਨੂੰ ਗੁਰੂ ਦੀ ਸੇਵਾ ਵਿਚ ਜੋੜਦਾ ਹੈ, (ਇਸ ਤਰ੍ਹਾਂ ਉਹ) ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਕੇ ਗੁਰੂ ਦੇ ਸ਼ਬਦ (ਦੇ ਰੰਗ) ਵਿਚ ਰੰਗੇ ਰਹਿੰਦੇ ਹਨ ਅਤੇ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ । ਦਾਸ ਨਾਨਕ ਬੇਨਤੀ ਕਰਦਾ ਹੈ—ਮੈਂ ਉਹਨਾਂ ਭਗਤਾਂ ਦੇ ਚਰਨੀਂ ਲੱਗਦਾ ਹਾਂ ।੪।੫।

ਸੋਰਠਿ ਮਹਲਾ ੩ ॥ ਸੋ ਸਿਖੁ ਸਖਾ ਬੰਧਪੁ ਹੈ ਭਾਈ ਜਿ ਗੁਰ ਕੇ ਭਾਣੇ ਵਿਚਿ ਆਵੈ ॥ ਆਪਣੈ ਭਾਣੈ ਜੋ ਚਲੈ ਭਾਈ ਵਿਛੁੜਿ ਚੋਟਾ ਖਾਵੈ ॥ ਬਿਨੁ ਸਤਿਗੁਰ ਸੁਖੁ ਕਦੇ ਨ ਪਾਵੈ ਭਾਈ ਫਿਰਿ ਫਿਰਿ ਪਛੋਤਾਵੈ ॥੧॥ ਹਰਿ ਕੇ ਦਾਸ ਸੁਹੇਲੇ ਭਾਈ ॥ ਜਨਮ ਜਨਮ ਕੇ ਕਿਲਬਿਖ ਦੁਖ ਕਾਟੇ ਆਪੇ ਮੇਲਿ ਮਿਲਾਈ ॥ ਰਹਾਉ ॥ ਇਹੁ ਕੁਟੰਬੁ ਸਭੁ ਜੀਅ ਕੇ ਬੰਧਨ ਭਾਈ ਭਰਮਿ ਭੁਲਾ ਸੈਂਸਾਰਾ ॥ ਬਿਨੁ ਗੁਰ ਬੰਧਨ ਟੂਟਹਿ ਨਾਹੀ ਗੁਰਮੁਖਿ ਮੋਖ ਦੁਆਰਾ ॥ ਕਰਮ ਕਰਹਿ ਗੁਰ ਸਬਦੁ ਨ ਪਛਾਣਹਿ ਮਰਿ ਜਨਮਹਿ ਵਾਰੋ ਵਾਰਾ ॥੨॥ ਹਉ ਮੇਰਾ ਜਗੁ ਪਲਚਿ ਰਹਿਆ ਭਾਈ ਕੋਇ ਨ ਕਿਸ ਹੀ ਕੇਰਾ ॥ ਗੁਰਮੁਖਿ ਮਹਲੁ ਪਾਇਨਿ ਗੁਣ ਗਾਵਨਿ ਨਿਜ ਘਰਿ ਹੋਇ ਬਸੇਰਾ ॥ ਐਥੈ ਬੂਝੈ ਸੁ ਆਪੁ ਪਛਾਣੈ ਹਰਿ ਪ੍ਰਭੁ ਹੈ ਤਿਸੁ ਕੇਰਾ ॥੩॥ ਸਤਿਗੁਰੂ ਸਦਾ ਦਇਆਲੁ ਹੈ ਭਾਈ ਵਿਣੁ ਭਾਗਾ ਕਿਆ ਪਾਈਐ

॥ ਏਕ ਨਦਰਿ ਕਰਿ ਵੇਖੈ ਸਭ ਊਪਰਿ ਜੇਹਾ ਭਾਉ ਤੇਹਾ ਫਲੁ ਪਾਈਐ ॥ ਨਾਨਕ ਨਾਮੁ ਵਸੈ ਮਨ ਅੰਤਰਿ ਵਿਚਹੁ ਆਪੁ ਗਵਾਈਐ ॥੪॥੬॥ {ਪੰਨਾ 601-602}

ਪਦਅਰਥ:- ਸੋ—ਉਹ ਮਨੁੱਖ । ਸਖਾ—ਮਿੱਤਰ । ਬੰਧਪੁ—ਰਿਸ਼ਤੇਦਾਰ । ਜਿ—ਜੇਹੜਾ । ਭਾਣੈ—ਮਰਜ਼ੀ ਵਿਚ, ਮਰਜ਼ੀ ਅਨੁਸਾਰ । ਵਿਛੁੜਿ—ਵਿੱਛੁੜ ਕੇ ।੧।

ਸੁਹੇਲੇ—ਸੁਖੀ । ਕਿਲਵਿਖ—ਪਾਪ । ਆਪੇ—ਪ੍ਰਭੂ ਆਪ ਹੀ ।ਰਹਾਉ।

ਕੁਟੰਬੁ—ਪਰਵਾਰ । ਸਭੁ—ਸਾਰਾ । ਜੀਅ ਕੇ ਬੰਧਨ—ਜਿੰਦ ਵਾਸਤੇ ਬੰਧਨ । ਭੁਲਾ—ਕੁਰਾਹੇ ਪਿਆ ਰਹਿੰਦਾ ਹੈ । ਗੁਰਮੁਖਿ—ਗੁਰੂ ਦੀ ਸਰਨ ਪਿਆਂ । ਮੋਖ—ਖ਼ਲਾਸੀ । ਕਰਮ—ਦੁਨੀਆ ਦੇ ਕੰਮ-ਧੰਧੇ । ਵਾਰੋ ਵਾਰਾ—ਮੁੜ ਮੁੜ ।੨।

ਹਉ—ਮੈਂ (ਵੱਡਾ ਹਾਂ) । ਮੇਰਾ—(ਇਹ ਧਨ ਪਦਾਰਥ) ਮੇਰਾ ਹੈ । ਪਲਚਿ ਰਹਿਆ—ਉਲਝਿਆ ਪਿਆ ਹੈ । ਕੇਰਾ—ਦਾ । ਮਹਲੁ—ਪਰਮਾਤਮਾ ਦੀ ਹਜ਼ੂਰੀ । ਪਾਇਨਿ—ਪਾ ਲੈਂਦੇ ਹਨ । ਨਿਜ ਘਰਿ—ਆਪਣੇ ਘਰ ਵਿਚ । ਐਥੈ—ਇਸ ਜੀਵਨ ਵਿਚ । ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ ।੩।

ਦਇਆਲੁ—ਦਇਆ ਦਾ ਘਰ । ਭਾਗਾ—ਚੰਗੀ ਕਿਸਮਤਿ । ਕਰਿ—ਕਰ ਕੇ, ਨਾਲ । ਭਾਉ—ਭਾਵਨਾ, ਨੀਅਤ । ਆਪੁ—ਆਪਾ-ਭਾਵ ।੪।

ਅਰਥ:- ਹੇ ਭਾਈ! ਪਰਮਾਤਮਾ ਦੇ ਭਗਤ ਸੁਖੀ ਜੀਵਨ ਬਿਤੀਤ ਕਰਦੇ ਹਨ । ਪਰਮਾਤਮਾ ਆਪ ਉਹਨਾਂ ਦੇ ਜਨਮਾਂ ਜਨਮਾਂ ਦੇ ਦੁੱਖ ਪਾਪ ਕੱਟ ਦੇਂਦਾ ਹੈ, ਤੇ, ਉਹਨਾਂ ਨੂੰ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ ।ਰਹਾਉ।

ਹੇ ਭਾਈ! ਉਹੀ ਮਨੁੱਖ ਗੁਰੂ ਦਾ ਸਿੱਖ ਹੈ, ਗੁਰੂ ਦਾ ਮਿੱਤਰ ਹੈ, ਗੁਰੂ ਦਾ ਰਿਸ਼ਤੇਦਾਰ ਹੈ, ਜੇਹੜਾ ਗੁਰੂ ਦੀ ਰਜ਼ਾ ਵਿਚ ਤੁਰਦਾ ਹੈ । ਪਰ, ਜੇਹੜਾ ਮਨੁੱਖ ਆਪਣੀ ਮਰਜ਼ੀ ਅਨੁਸਾਰ ਤੁਰਦਾ ਹੈ, ਉਹ ਪ੍ਰਭੂ ਤੋਂ ਵਿੱਛੁੜ ਕੇ ਦੁਖ ਸਹਾਰਦਾ ਹੈ । ਗੁਰੂ ਦੀ ਸਰਨ ਪੈਣ ਤੋਂ ਬਿਨਾ ਮਨੁੱਖ ਕਦੇ ਸੁਖ ਨਹੀਂ ਪਾ ਸਕਦਾ, ਤੇ ਮੁੜ ਮੁੜ (ਦੁੱਖੀ ਹੋ ਕੇ) ਪਛੁਤਾਂਦਾ ਹੈ ।੧।

ਹੇ ਭਾਈ! (ਗੁਰੂ ਦੀ ਰਜ਼ਾ ਵਿਚ ਤੁਰਨ ਤੋਂ ਬਿਨਾ) ਇਹ (ਆਪਣਾ) ਪਰਵਾਰ ਭੀ ਜਿੰਦ ਵਾਸਤੇ ਨਿਰਾ ਮੋਹ ਦੇ ਬੰਧਨ ਬਣ ਜਾਂਦਾ ਹੈ, (ਤਾਂਹੀਏਂ) ਜਗਤ (ਗੁਰੂ ਤੋਂ) ਭਟਕ ਕੇ ਕੁਰਾਹੇ ਪਿਆ ਰਹਿੰਦਾ ਹੈ । ਗੁਰੂ ਦੀ ਸਰਨ ਆਉਣ ਤੋਂ ਬਿਨਾ ਇਹ ਬੰਧਨ ਟੁੱਟਦੇ ਨਹੀਂ । ਗੁਰੂ ਦੀ ਸਰਨ ਪੈਣ ਵਾਲਾ ਮਨੁੱਖ (ਮੋਹ ਦੇ ਬੰਧਨਾਂ ਤੋਂ) ਖ਼ਲਾਸੀ ਪਾਣ ਦਾ ਰਸਤਾ ਲੱਭ ਲੈਂਦਾ ਹੈ । ਜੇਹੜੇ ਮਨੁੱਖ ਨਿਰੇ ਦੁਨੀਆ ਦੇ ਕੰਮ-ਧੰਧੇ ਹੀ ਕਰਦੇ ਹਨ, ਪਰ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦੇ, ਉਹ ਮੁੜ ਮੁੜ ਜੰਮਦੇ ਮਰਦੇ ਰਹਿੰਦੇ ਹਨ ।੨।

ਹੇ ਭਾਈ! 'ਮੈਂ ਵੱਡਾ ਹਾਂ', 'ਇਹ ਧਨ ਆਦਿਕ ਮੇਰਾ ਹੈ'—ਇਸ ਵਿਚ ਹੀ ਜਗਤ ਉਲਝਿਆ ਪਿਆ ਹੈ (ਉਂਞ) ਕੋਈ ਭੀ ਕਿਸੇ ਦਾ (ਸਦਾ ਦਾ ਸਾਥੀ) ਨਹੀਂ ਬਣ ਸਕਦਾ । ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਤੇ, ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਕਰੀ ਰੱਖਦੇ ਹਨ, ਉਹਨਾਂ ਦਾ (ਆਤਮਕ) ਨਿਵਾਸ ਪ੍ਰਭੂ-ਚਰਨਾਂ ਵਿਚ ਹੋਇਆ ਰਹਿੰਦਾ ਹੈ । ਜੇਹੜਾ ਮਨੁੱਖ ਇਸ ਜੀਵਨ ਵਿਚ ਹੀ (ਇਸ ਭੇਤ ਨੂੰ) ਸਮਝਦਾ ਹੈ, ਉਹ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਪਰਮਾਤਮਾ ਉਸ ਮਨੁੱਖ ਦਾ ਸਹਾਈ ਬਣਿਆ ਰਹਿੰਦਾ ਹੈ ।੩।

ਹੇ ਭਾਈ! ਗੁਰੂ ਹਰ ਵੇਲੇ ਹੀ ਦਇਆਵਾਨ ਰਹਿੰਦਾ ਹੈ (ਮਾਇਆ-ਵੇੜ੍ਹਿਆ ਮਨੁੱਖ ਗੁਰੂ ਦੀ ਸਰਨ ਨਹੀਂ

ਆਉਂਦਾ) ਕਿਸਮਤਿ ਤੋਂ ਬਿਨਾ (ਗੁਰੂ ਪਾਸੋਂ) ਕੀਹ ਮਿਲੇ? ਗੁਰੂ ਸਭਨਾਂ ਨੂੰ ਇਕ ਪਿਆਰ ਦੀ ਨਿਗਾਹ ਨਾਲ ਵੇਖਦਾ ਹੈ । (ਪਰ ਸਾਡੀ ਜੀਵਾਂ ਦੀ) ਜਿਹੋ ਜਿਹੀ ਭਾਵਨਾ ਹੁੰਦੀ ਹੈ ਉਹੋ ਜਿਹਾ ਫਲ (ਸਾਨੂੰ ਗੁਰੂ ਪਾਸੋਂ) ਮਿਲ ਜਾਂਦਾ ਹੈ । ਹੇ ਨਾਨਕ! (ਜੇ ਗੁਰੂ ਦੀ ਸਰਨ ਪੈ ਕੇ ਆਪਣੇ) ਅੰਦਰੋਂ ਆਪਾ-ਭਾਵ ਦੂਰ ਕਰ ਲਈਏ, ਤਾਂ ਪਰਮਾਤਮਾ ਦਾ ਨਾਮ ਮਨ ਵਿਚ ਆ ਵੱਸਦਾ ਹੈ ।੪।੬।

ਸੋਰਠਿ ਮਹਲਾ ੩ ਚੌਤੁਕੇ ॥ ਸਚੀ ਭਗਤਿ ਸਤਿਗੁਰ ਤੇ ਹੋਵੈ ਸਚੀ ਹਿਰਦੈ ਬਾਣੀ ॥ ਸਤਿਗੁਰੁ ਸੇਵੇ ਸਦਾ ਸੁਖੁ ਪਾਏ ਹਉਮੈ ਸਬਦਿ ਸਮਾਣੀ ॥ ਬਿਨੁ ਗੁਰ ਸਾਚੇ ਭਗਤਿ ਨ ਹੋਵੀ ਹੋਰ ਭੂਲੀ ਫਿਰੈ ਇਆਣੀ ॥ ਮਨਮੁਖਿ ਫਿਰਹਿ ਸਦਾ ਦੁਖੁ ਪਾਵਹਿ ਡੂਬਿ ਮੁਏ ਵਿਣੁ ਪਾਣੀ ॥੧॥ ਭਾਈ ਰੇ ਸਦਾ ਰਹਹੁ ਸਰਣਾਈ ॥ ਆਪਣੀ ਨਦਰਿ ਕਰੇ ਪਤਿ ਰਾਖੈ ਹਰਿ ਨਾਮੋ ਦੇ ਵਡਿਆਈ ॥ ਰਹਾਉ ॥ ਪੂਰੇ ਗੁਰ ਤੇ ਆਪੁ ਪਛਾਤਾ ਸਬਦਿ ਸਚੈ ਵੀਚਾਰਾ ॥ ਹਿਰਦੈ ਜਗਜੀਵਨੁ ਸਦ ਵਸਿਆ ਤਜਿ ਕਾਮੁ ਕ੍ਰੋਧੁ ਅਹੰਕਾਰਾ ॥ ਸਦਾ ਹਜੂਰਿ ਰਵਿਆ ਸਭ ਠਾਈ ਹਿਰਦੈ ਨਾਮੁ ਅਪਾਰਾ ॥ ਜੁਗਿ ਜੁਗਿ ਬਾਣੀ ਸਬਦਿ ਪਛਾਣੀ ਨਾਉ ਮੀਠਾ ਮਨਹਿ ਪਿਆਰਾ ॥੨॥ ਸਤਿਗੁਰੁ ਸੇਵਿ ਜਿਨਿ ਨਾਮੁ ਪਛਾਤਾ ਸਫਲ ਜਨਮੁ ਜਗਿ ਆਇਆ ॥ ਹਰਿ ਰਸੁ ਚਾਖਿ ਸਦਾ ਮਨੁ ਤ੍ਰਿਪਤਿਆ ਗੁਣ ਗਾਵੈ ਗੁਣੀ ਅਘਾਇਆ ॥ ਕਮਲੁ ਪ੍ਰਗਾਸਿ ਸਦਾ ਰੰਗਿ ਰਾਤਾ ਅਨਹਦ ਸਬਦੁ ਵਜਾਇਆ ॥ ਤਨੁ ਮਨੁ ਨਿਰਮਲੁ ਨਿਰਮਲ ਬਾਣੀ ਸਚੇ ਸਚਿ ਸਮਾਇਆ ॥੩॥ ਰਾਮ ਨਾਮ ਕੀ ਗਤਿ ਕੋਇ ਨ ਬੂਝੈ ਗੁਰਮਤਿ ਰਿਦੈ ਸਮਾਈ ॥ ਗੁਰਮੁਖਿ ਹੋਵੈ ਸੁ ਮਗੁ ਪਛਾਣੈ ਹਰਿ ਰਸਿ ਰਸਨ ਰਸਾਈ ॥ ਜਪੁ ਤਪੁ ਸੰਜਮੁ ਸਭੁ ਗੁਰ ਤੇ ਹੋਵੈ ਹਿਰਦੈ ਨਾਮੁ ਵਸਾਈ ॥ ਨਾਨਕ ਨਾਮੁ ਸਮਾਲਹਿ ਸੇ ਜਨ ਸੋਹਨਿ ਦਰਿ ਸਾਚੈ ਪਤਿ ਪਾਈ ॥੪॥੭॥

{ਪੰਨਾ 602}

ਚੌਤੁਕੇ—ਉਹ ਸ਼ਬਦ ਜਿਨ੍ਹਾਂ ਦੇ ਹਰੇਕ 'ਬੰਦ' ਵਿਚ ਚਾਰ ਚਾਰ ਤੁਕਾਂ ਹੁੰਦੀਆਂ ਹਨ ।

ਪਦਅਰਥ:- ਸਚੀ ਭਗਤਿ—ਸਦਾ-ਥਿਰ ਪ੍ਰਭੂ ਦੀ ਹੀ ਭਗਤੀ । ਤੇ—ਤੋਂ, ਦੀ ਰਾਹੀਂ । ਸਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਸਬਦਿ—ਸ਼ਬਦ ਵਿਚ । ਹੋਰ ਇਆਣੀ—ਉਹ ਅੰਞਾਣ ਲੁਕਾਈ ਜੇਹੜੀ ਗੁਰੂ ਦੀ ਸਰਨ ਨਹੀਂ ਪੈਂਦੀ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ।੧।

ਰਹਹੁ—ਟਿਕਿਆ ਰਹੁ । ਪਤਿ—ਇੱਜ਼ਤ ।ਰਹਾਉ।

ਆਪੁ—ਆਪਣਾ ਆਪ, ਆਪਣਾ ਆਤਮਕ ਜੀਵਨ । ਹਿਰਦੈ—ਹਿਰਦੇ ਵਿਚ । ਸਦ—ਸਦਾ । ਤਜਿ—ਤਜ ਕੇ । ਰਵਿਆ—ਵਿਆਪਕ । ਜੁਗਿ ਜੁਗਿ—ਹਰੇਕ ਜੁਗ ਵਿਚ । ਸਬਦਿ—ਸ਼ਬਦ ਦੀ ਰਾਹੀਂ । ਮਨਹਿ—ਮਨ ਵਿਚ ।

ਜਿਨਿ—ਜਿਸ ਨੇ । ਪਛਾਤਾ—ਸਾਂਝ ਪਾਈ । ਜਗਿ—ਜਗਤ ਵਿਚ । ਗੁਣੀ—ਗੁਣਾਂ ਦੀ ਰਾਹੀਂ । ਅਗਾਇਆ—ਮਾਇਆ ਵਲੋਂ ਰੱਜ ਜਾਂਦਾ ਹੈ । ਕਮਲੁ—ਹਿਰਦਾ-ਕੌਲ ਫੁੱਲ । ਪ੍ਰਗਾਸਿ—ਖਿੜ ਕੇ । ਅਨਹਦ—ਇਕ-ਰਸ ।੩।

ਗਤਿ—ਉੱਚੀ ਆਤਮਕ ਅਵਸਥਾ । ਰਿਦੈ—ਹਿਰਦੇ ਵਿਚ । ਸਮਾਈ—ਟਿਕ ਜਾਂਦਾ ਹੈ । ਮਗੁ—ਰਸਤਾ । ਰਸਿ—ਰਸ ਨਾਲ । ਰਸਨ—ਜੀਭ । ਰਸਾਈ—ਰਸ ਜਾਂਦੀ ਹੈ । ਗੁਰ ਤੇ—ਗੁਰੂ ਪਾਸੋਂ । ਦਰਿ—ਦਰ ਤੇ

।੪।

ਅਰਥ:– ਹੇ ਭਾਈ! ਸਦਾ ਗੁਰੂ ਦੀ ਸਰਨ ਟਿਕਿਆ ਰਹੁ । (ਜੇਹੜਾ ਮਨੁੱਖ ਗੁਰੂ ਦੀ ਸਰਨ ਪਿਆ ਰਹਿੰਦਾ ਹੈ, ਉਸ ਉਤੇ ਗੁਰੂ) ਆਪਣੀ ਮੇਹਰ ਦੀ ਨਿਗਾਹ ਕਰਦਾ ਹੈ; ਉਸ ਦੀ ਇੱਜ਼ਤ ਰੱਖਦਾ ਹੈ, ਉਸ ਨੂੰ ਪ੍ਰਭੂ ਦਾ ਨਾਮ ਬਖ਼ਸ਼ਦਾ ਹੈ (ਜੋ ਇਕ ਵੱਡੀ) ਇੱਜ਼ਤ ਹੈ ।ਰਹਾਉ।

ਹੇ ਭਾਈ! ਗੁਰੂ ਦੀ ਰਾਹੀਂ ਸਦਾ–ਥਿਰ ਪ੍ਰਭੂ ਦੀ ਭਗਤੀ ਹੋ ਸਕਦੀ ਹੈ, ਸਦਾ–ਥਿਰ ਪ੍ਰਭੂ ਦੀ ਸਿਫ਼ਤਿ–ਸਾਲਾਹ ਦੀ ਬਾਣੀ ਹਿਰਦੇ ਵਿਚ ਟਿਕ ਜਾਂਦੀ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਸਦਾ ਸੁਖ ਮਾਣਦਾ ਹੈ, ਉਸ ਦੀ ਹਉਮੈ ਗੁਰੂ ਦੇ ਸ਼ਬਦ ਵਿਚ ਹੀ ਮੁੱਕ ਜਾਂਦੀ ਹੈ । ਸੱਚੇ ਗੁਰੂ ਤੋਂ ਬਿਨਾ ਭਗਤੀ ਨਹੀਂ ਹੋ ਸਕਦੀ, ਜੇਹੜੀ ਅੰਞਾਣ ਲੁਕਾਈ ਗੁਰੂ ਦੇ ਦਰ ਤੇ ਨਹੀਂ ਆਉਂਦੀ, ਉਹ ਕੁਰਾਹੇ ਪਈ ਰਹਿੰਦੀ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਭਟਕਦੇ ਫਿਰਦੇ ਹਨ, ਸਦਾ ਦੁੱਖ ਪਾਂਦੇ ਹਨ; ਉਹ, ਮਾਨੋ, ਪਾਣੀ ਤੋਂ ਬਿਨਾ ਹੀ ਡੁੱਬ ਮਰਦੇ ਹਨ ।੧।

ਜਿਸ ਮਨੁੱਖ ਨੇ ਪੂਰੇ ਗੁਰੂ ਦੀ ਰਾਹੀਂ ਆਪਣੇ ਆਤਮਕ ਜੀਵਨ ਨੂੰ ਪੜਤਾਲਣਾ ਸ਼ੁਰੂ ਕਰ ਦਿੱਤਾ, ਉਸ ਨੇ ਸਦਾ–ਥਿਰ ਪ੍ਰਭੂ ਦੀ ਸਿਫ਼ਤਿ–ਸਾਲਾਹ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਦੇ ਗੁਣਾਂ ਨੂੰ ਵਿਚਾਰਨਾ ਸ਼ੁਰੂ ਕਰ ਦਿੱਤਾ । ਕਾਮ ਕ੍ਰੋਧ ਅਹੰਕਾਰ (ਆਦਿਕ ਵਿਕਾਰ) ਤਿਆਗਣ ਨਾਲ ਉਸ ਦੇ ਹਿਰਦੇ ਵਿਚ ਜਗਤ ਦਾ ਜੀਵਨ ਪ੍ਰਭੂ ਸਦਾ ਲਈ ਆ ਵੱਸਿਆ । ਬੇਅੰਤ ਪ੍ਰਭੂ ਦਾ ਨਾਮ ਉਸ ਦੇ ਹਿਰਦੇ ਵਿਚ ਆ ਵੱਸਣ ਕਰਕੇ ਪ੍ਰਭੂ ਉਸ ਨੂੰ ਹਰ ਵੇਲੇ ਅੰਗ–ਸੰਗ ਵੱਸਦਾ ਦਿੱਸ ਪਿਆ, ਸਭ ਥਾਵਾਂ ਵਿਚ ਮੌਜੂਦ ਦਿੱਸ ਪਿਆ । ਗੁਰੂ ਦੇ ਸ਼ਬਦ ਦੀ ਰਾਹੀਂ ਉਸ ਨੂੰ ਇਹ ਪਛਾਣ ਆ ਗਈ ਕਿ (ਪਰਮਾਤਮਾ ਨਾਲ ਮਿਲਾਪ ਦਾ ਵਸੀਲਾ) ਹਰੇਕ ਜੁਗ ਵਿਚ ਗੁਰੂ ਦੀ ਬਾਣੀ ਹੀ ਹੈ, ਪਰਮਾਤਮਾ ਦਾ ਨਾਮ ਉਸ ਨੂੰ ਆਪਣੇ ਮਨ ਵਿਚ ਪਿਆਰਾ ਲੱਗਣ ਲੱਗ ਪਿਆ ।੨।

ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਨਾਲ ਸਾਂਝ ਪਾ ਲਈ, ਜਗਤ ਵਿਚ ਆ ਕੇ ਉਸਦੀ ਜ਼ਿੰਦਗੀ ਕਾਮਯਾਬ ਹੋ ਗਈ । ਪਰਮਾਤਮਾ ਦੇ ਨਾਮ ਸੁਆਦ ਚੱਖ ਕੇ ਉਸ ਦਾ ਮਨ ਸਦਾ ਲਈ ਤ੍ਰਿਪਤ ਹੋ ਜਾਂਦਾ ਹੈ, ਉਹ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਤੇ, ਗੁਣਾਂ ਦੀ ਰਾਹੀਂ ਮਾਇਆ ਵਲੋਂ ਰੱਜ ਜਾਂਦਾ ਹੈ । ਉਸ ਦਾ ਹਿਰਦਾ–ਕਮਲ ਖਿੜ ਕੇ ਸਦਾ ਪ੍ਰਭੂ ਦੇ ਪ੍ਰੇਮ–ਰੰਗ ਵਿਚ ਰੰਗਿਆ ਰਹਿੰਦਾ ਹੈ, ਉਹ (ਆਪਣੇ ਹਿਰਦੇ ਵਿਚ) ਇਕ–ਰਸ ਗੁਰ–ਸ਼ਬਦ (ਦਾ ਵਾਜਾ) ਵਜਾਂਦਾ ਰਹਿੰਦਾ ਹੈ । ਪਵਿਤ੍ਰ ਬਾਣੀ ਦੀ ਬਰਕਤਿ ਨਾਲ ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦਾ ਸਰੀਰ ਪਵਿਤ੍ਰ ਹੋ ਜਾਂਦਾ ਹੈ, ਉਹ ਸਦਾ–ਥਿਰ ਪ੍ਰਭੂ ਵਿਚ ਹੀ ਲੀਨ ਰਹਿੰਦਾ ਹੈ ।੩।

ਕੋਈ ਮਨੁੱਖ ਨਹੀਂ ਸਮਝ ਸਕਦਾ ਕਿ ਪਰਮਾਤਮਾ ਦੇ ਨਾਮ ਨਾਲ ਕਿਤਨੀ ਕੁ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ (ਉਂਞ) ਗੁਰੂ ਦੀ ਮਤਿ ਲਿਆਂ ਨਾਮ (ਮਨੁੱਖ ਦੇ) ਹਿਰਦੇ ਵਿਚ ਆ ਵੱਸਦਾ ਹੈ । ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਜਾਂਦਾ ਹੈ ਉਹ (ਪਰਮਾਤਮਾ ਦੇ ਮਿਲਾਪ ਦਾ) ਰਸਤਾ ਪਛਾਣ ਲੈਂਦਾ ਹੈ, ਉਸ ਦੀ ਜੀਭ ਨਾਮ–ਰਸ ਨਾਲ ਰਸ ਬਣ ਜਾਂਦੀ ਹੈ । ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਹਿਰਦੇ ਵਿਚ ਆ ਵੱਸਦਾ ਹੈ—ਇਹੀ ਹੈ ਜਪ, ਇਹੀ ਹੈ ਤਪ, ਇਹੀ ਹੈ ਸੰਜਮ । ਹੇ ਨਾਨਕ! ਜੇਹੜੇ ਮਨੁੱਖ ਪ੍ਰਭੂ ਦਾ ਨਾਮ ਹਿਰਦੇ ਵਿਚ ਵਸਾਈ ਰੱਖਦੇ ਹਨ, ਉਹ ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ, ਸਦਾ–ਥਿਰ ਪ੍ਰਭੂ ਦੇ ਦਰ ਤੇ ਉਹਨਾਂ ਨੂੰ ਇੱਜ਼ਤ ਮਿਲਦੀ ਹੈ ।੪।੭।

ਸੋਰਠਿ ਮਃ ੩ ਦੁਤੁਕੇ ॥ ਸਤਿਗੁਰ ਮਿਲਿਐ ਉਲਟੀ ਭਈ ਭਾਈ ਜੀਵਤ ਮਰੈ ਤਾ ਬੂਝ ਪਾਇ ॥ ਸੋ ਗੁਰੂ ਸੋ ਸਿਖੁ ਹੈ ਭਾਈ ਜਿਸੁ ਜੋਤੀ ਜੋਤਿ ਮਿਲਾਇ ॥੧॥ ਮਨ ਰੇ ਹਰਿ ਹਰਿ ਸੇਤੀ ਲਿਵ ਲਾਇ ॥

ਮਨ ਹਰਿ ਜਪਿ ਮੀਠਾ ਲਾਗੈ ਭਾਈ ਗੁਰਮੁਖਿ ਪਾਏ ਹਰਿ ਥਾਇ ॥ ਰਹਾਉ ॥ ਬਿਨੁ ਗੁਰ ਪ੍ਰੀਤਿ ਨ ਊਪਜੈ ਭਾਈ ਮਨਮੁਖਿ ਦੂਜੈ ਭਾਇ ॥ ਤੁਹ ਕੁਟਹਿ ਮਨਮੁਖ ਕਰਮ ਕਰਹਿ ਭਾਈ ਪਲੈ ਕਿਛੂ ਨ ਪਾਇ ॥੨॥ ਗੁਰ ਮਿਲਿਐ ਨਾਮੁ ਮਨਿ ਰਵਿਆ ਭਾਈ ਸਾਚੀ ਪ੍ਰੀਤਿ ਪਿਆਰਿ ॥ ਸਦਾ ਹਰਿ ਕੇ ਗੁਣ ਰਵੈ ਭਾਈ ਗੁਰ ਕੈ ਹੇਤਿ ਅਪਾਰਿ ॥੩॥ ਆਇਆ ਸੋ ਪਰਵਾਣੁ ਹੈ ਭਾਈ ਜਿ ਗੁਰ ਸੇਵਾ ਚਿਤੁ ਲਾਇ ॥ ਨਾਨਕ ਨਾਮੁ ਹਰਿ ਪਾਈਐ ਭਾਈ ਗੁਰ ਸਬਦੀ ਮੇਲਾਇ ॥੪॥੮॥ {ਪੰਨਾ 602-603}

ਪਦਅਰਥ:- ਸਤਿਗੁਰ ਮਿਲਿਐ—ਜੇ ਗੁਰੂ ਮਿਲ ਪਏ । ਉਲਟੀ ਭਈ—(ਵਿਕਾਰਾਂ ਵਲੋਂ ਸੁਰਤਿ) ਹਟ ਜਾਂਦੀ ਹੈ, ਮੁੜ ਪੈਂਦੀ ਹੈ । ਜੀਵਤ ਮਰੈ—ਜੀਊਂਦਾ ਮਰ ਜਾਂਦਾ ਹੈ, ਦੁਨੀਆ ਦੀ ਕਿਰਤ ਕਰਦਾ ਹੀ ਵਿਕਾਰਾਂ ਵਲੋਂ ਅਛੋਹ ਹੋ ਜਾਂਦਾ ਹੈ । ਬੂਝ—ਆਤਮਕ ਜੀਵਨ ਦੀ ਸਮਝ । ਸੋ ਗੁਰੂ ਸੋ ਸਿਖੁ—ਉਹ ਮਨੁੱਖ ਗੁਰੂ ਦਾ (ਅਸਲ) ਸਿੱਖ ਹੈ । ਜਿਸੁ ਜੋਤਿ—ਜਿਸ ਦੀ ਆਤਮਾ ਨੂੰ । ਜੋਤੀ ਮਿਲਾਇ—(ਗੁਰੂ) ਪਰਮਾਤਮਾ ਵਿਚ ਮਿਲਾ ਦੇਂਦਾ ਹੈ ।੧।

ਸੇਤੀ—ਨਾਲ । ਲਿਵ—ਲਗਨ । ਮਨ ਰੇ—ਹੇ ਮਨ! ਜਪਿ—ਜਪ ਜਪ ਕੇ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਥਾਇ—ਥਾਂ ਵਿਚ, ਹਜ਼ੂਰੀ ਵਿਚ । ਹਰਿ ਥਾਇ—ਪ੍ਰਭੂ ਦੀ ਹਜ਼ੂਰੀ ਵਿਚ ।ਰਹਾਉ।

ਭਾਈ—ਹੇ ਭਾਈ! ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਦੂਜੈ ਭਾਇ—(ਪ੍ਰਭੂ ਤੋਂ ਬਿਨਾ) ਕਿਸੇ ਹੋਰ ਪਿਆਰ ਵਿਚ । ਭਾਇ—ਪਿਆਰ ਵਿਚ । ਤੁਹ—ਦਾਣਿਆਂ ਉਪਰਲੇ ਸਿੱਕੜ । ਕੁਟਹਿ—ਕੁੱਟਦੇ ਹਨ ।੨।

ਮਨਿ—ਮਨ ਵਿਚ । ਰਵਿਆ—ਹਰ ਵੇਲੇ ਵੱਸਿਆ ਰਹਿੰਦਾ ਹੈ । ਪਿਆਰਿ—ਪਿਆਰ ਵਿਚ । ਰਵੈ—ਚੇਤੇ ਕਰਦਾ ਹੈ । ਹੇਤਿ—ਹਿਤ ਦੀ ਰਾਹੀਂ । ਅਪਾਰਿ ਹੇਤਿ—ਅਤੁੱਟ ਪਿਆਰ ਦੀ ਰਾਹੀਂ ।੩।

ਸੋ—ਉਹ ਮਨੁੱਖ । ਪਰਵਾਣੁ—ਕਬੂਲ । ਜਿ—ਜੇਹੜਾ । ਪਾਈਐ—ਪਾ ਲਈਦਾ ਹੈ ।੪।

ਅਰਥ:- ਹੇ ਮਨ! ਸਦਾ ਪਰਮਾਤਮਾ ਨਾਲ ਸੁਰਤਿ ਜੋੜੀ ਰੱਖ । ਹੇ ਮਨ! ਮੁੜ ਮੁੜ ਜਪ ਜਪ ਕੇ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ । ਹੇ ਭਾਈ! ਗੁਰੂ ਦੀ ਸ਼ਰਨ ਪੈਣ ਵਾਲਾ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ (ਥਾਂ) ਲੱਭ ਲੈਂਦਾ ਹੈ ।ਰਹਾਉ।

ਹੇ ਭਾਈ! ਜੇ ਗੁਰੂ ਮਿਲ ਪਏ, ਤਾਂ ਮਨੁੱਖ ਆਤਮਕ ਜੀਵਨ ਦੀ ਸਮਝ ਹਾਸਲ ਕਰ ਲੈਂਦਾ ਹੈ, ਮਨੁੱਖ ਦੀ ਸੁਰਤਿ ਵਿਕਾਰਾਂ ਵਲੋਂ ਪਰਤ ਪੈਂਦੀ ਹੈ, ਦੁਨੀਆ ਦੇ ਕਾਰ-ਵਿਹਾਰ ਕਰਦਾ ਹੋਇਆ ਹੀ ਮਨੁੱਖ ਵਿਕਾਰਾਂ ਵਲੋਂ ਅਛੋਹ ਹੋ ਜਾਂਦਾ ਹੈ । ਹੇ ਭਾਈ! ਜਿਸ ਮਨੁੱਖ ਦੀ ਆਤਮਾ ਨੂੰ ਗੁਰੂ ਪਰਮਾਤਮਾ ਵਿਚ ਮਿਲਾ ਦੇਂਦਾ ਹੈ, ਉਹ (ਅਸਲ) ਸਿੱਖ ਬਣ ਜਾਂਦਾ ਹੈ ।੧।

ਹੇ ਭਾਈ! ਗੁਰੂ ਤੋਂ ਬਿਨਾ (ਮਨੁੱਖ ਦਾ ਪ੍ਰਭੂ ਵਿਚ) ਪਿਆਰ ਪੈਦਾ ਨਹੀਂ ਹੁੰਦਾ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਪ੍ਰਭੂ ਨੂੰ ਛੱਡ ਕੇ) ਹੋਰ ਹੋਰ ਦੇ ਪਿਆਰ ਵਿਚ ਟਿਕਿਆ ਰਹਿੰਦਾ ਹੈ । ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਜੋ ਭੀ ਧਾਰਮਿਕ) ਕੰਮ ਕਰਦੇ ਹਨ ਉਹ (ਮਾਨੋ) ਤੁਹ ਹੀ ਕੁੱਟਦੇ ਹਨ, (ਉਹਨਾਂ ਨੂੰ ਉਹਨਾਂ ਕਰਮਾਂ ਵਿਚੋਂ) ਹਾਸਲ ਕੁਝ ਨਹੀਂ ਹੁੰਦਾ (ਜਿਵੇਂ ਤੁਹਾਂ ਵਿਚੋਂ ਕੁਝ ਨਹੀਂ ਮਿਲਦਾ) ।੨।

ਹੇ ਭਾਈ! ਜੇ ਮਨੁੱਖ ਨੂੰ ਗੁਰੂ ਮਿਲ ਪਏ, ਤਾਂ ਪਰਮਾਤਮਾ ਦਾ ਨਾਮ ਉਸ ਦੇ ਮਨ ਵਿਚ ਸਦਾ ਵੱਸਿਆ ਰਹਿੰਦਾ

ਹੈ, ਮਨੁੱਖ ਸਦਾ-ਥਿਰ ਪ੍ਰਭੂ ਦੀ ਪ੍ਰੀਤਿ ਵਿਚ ਪਿਆਰ ਵਿਚ ਮਗਨ ਰਹਿੰਦਾ ਹੈ । ਹੇ ਭਾਈ! ਗੁਰੂ ਦੇ ਬਖ਼ਸ਼ੇ ਅਤੁੱਟ ਪਿਆਰ ਦੀ ਬਰਕਤਿ ਨਾਲ ਉਹ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ।੩।

ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਦੱਸੀ ਸੇਵਾ ਵਿਚ ਚਿੱਤ ਜੋੜਦਾ ਹੈ ਉਸ ਦਾ ਜਗਤ ਵਿਚ ਆਉਣਾ ਸਫਲ ਹੋ ਜਾਂਦਾ ਹੈ । ਹੇ ਨਾਨਕ! ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪ੍ਰਭੂ ਨਾਲ ਮਿਲਾਪ ਹੋ ਜਾਂਦਾ ਹੈ ।੪।੮।

ਸੋਰਠਿ ਮਹਲਾ ੩ ਘਰੁ ੧ ॥ ਤਿਹੀ ਗੁਣੀ ਤ੍ਰਿਭਵਣੁ ਵਿਆਪਿਆ ਭਾਈ ਗੁਰਮੁਖਿ ਬੂਝ ਬੁਝਾਇ ॥ ਰਾਮ ਨਾਮਿ ਲਗਿ ਛੂਟੀਐ ਭਾਈ ਪੂਛਹੁ ਗਿਆਨੀਆ ਜਾਇ ॥੧॥ ਮਨ ਰੇ ਤ੍ਰੈ ਗੁਣ ਛੋਡਿ ਚਉਥੈ ਚਿਤੁ ਲਾਇ ॥ ਹਰਿ ਜੀਉ ਤੇਰੈ ਮਨਿ ਵਸੈ ਭਾਈ ਸਦਾ ਹਰਿ ਕੇ ਗੁਣ ਗਾਇ ॥ ਰਹਾਉ ॥ ਨਾਮੈ ਤੇ ਸਭਿ ਊਪਜੇ ਭਾਈ ਨਾਇ ਵਿਸਰਿਐ ਮਰਿ ਜਾਇ ॥ ਅਗਿਆਨੀ ਜਗਤੁ ਅੰਧੁ ਹੈ ਭਾਈ ਸੂਤੇ ਗਏ ਮੁਹਾਇ ॥੨॥ ਗੁਰਮੁਖਿ ਜਾਗੇ ਸੇ ਉਬਰੇ ਭਾਈ ਭਵਜਲੁ ਪਾਰਿ ਉਤਾਰਿ ॥ ਜਗ ਮਹਿ ਲਾਹਾ ਹਰਿ ਨਾਮੁ ਹੈ ਭਾਈ ਹਿਰਦੈ ਰਖਿਆ ਉਰ ਧਾਰਿ ॥੩॥ ਗੁਰ ਸਰਣਾਈ ਉਬਰੇ ਭਾਈ ਰਾਮ ਨਾਮਿ ਲਿਵ ਲਾਇ ॥ ਨਾਨਕ ਨਾਉ ਬੇੜਾ ਨਾਉ ਤੁਲਹੜਾ ਭਾਈ ਜਿਤੁ ਲਗਿ ਪਾਰਿ ਜਨ ਪਾਇ ॥੪॥੯॥ {ਪੰਨਾ 603}

ਪਦਅਰਥ:- ਤਿਹੀ ਗੁਣੀ—(ਮਾਇਆ ਦੇ) ਤਿੰਨਾਂ ਹੀ ਗੁਣਾਂ ਵਿਚ (ਰਜੋ, ਸਤੋ, ਤਮੋ ਗੁਣ) । ਤ੍ਰਿਭਵਣੁ—ਤਿੰਨ ਭਵਨਾਂ ਵਾਲਾ ਜਗਤ, ਸਾਰਾ ਸੰਸਾਰ । ਵਿਆਪਿਆ—ਫਸਿਆ ਪਿਆ ਹੈ । ਬੂਝ—(ਆਤਮਕ ਜੀਵਨ ਦੀ) ਸਮਝ । ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲਾ ਮਨੁੱਖ । ਨਾਮਿ—ਨਾਮ ਵਿਚ । ਗਿਆਨੀ—ਆਤਮਕ ਜੀਵਨ ਦੀ ਸੂਝ ਵਾਲਾ ਮਨੁੱਖ । ਜਾਇ—ਜਾ ਕੇ ।੧।

ਛੋਡਿ—ਛੱਡ ਕੇ । ਚਉਥੈ—ਉਸ ਅਵਸਥਾ ਵਿਚ ਜਿਥੇ ਮਾਇਆ ਦੇ ਤਿੰਨ ਗੁਣ ਪ੍ਰਭਾਵ ਨਹੀਂ ਪਾ ਸਕਦੇ । ਮਨਿ—ਮਨ ਵਿਚ ।ਰਹਾਉ।

ਨਾਮੈ ਤੇ—ਨਾਮ ਤੋਂ ਹੀ । ਸਭਿ—ਸਾਰੇ । ਊਪਜੇ—ਆਤਮਕ ਜੀਵਨ ਪ੍ਰਾਪਤ ਕਰਦੇ ਹਨ । ਨਾਇ ਵਿਸਰਿਐ—ਜੇ ਨਾਮ ਵਿਸਰ ਜਾਏ । ਮਰਿ ਜਾਇ—(ਆਤਮਕ ਮੌਤੇ) ਮਰ ਜਾਂਦਾ ਹੈ । ਅਗਿਆਨੀ—ਆਤਮਕ ਜੀਵਨ ਦੀ ਸੂਝ ਤੋਂ ਸੱਖਣਾ । ਅੰਧੁ—ਮਾਇਆ ਦੇ ਮੋਹ ਵਿਚ ਅੰਨ੍ਹਾ । ਮੁਹਾਇ—(ਆਤਮਕ ਜੀਵਨ ਦਾ ਸਰਮਾਇਆ) ਲੁਟਾ ਕੇ ।੨।

ਭਵਜਲੁ—ਸੰਸਾਰ-ਸਮੁੰਦਰ । ਉਤਾਰਿ—ਉਤਾਰੇ, ਲੰਘਾਂਦਾ ਹੈ । ਉਰ—ਹਿਰਦਾ । ਧਾਰਿ—ਟਿਕਾ ਕੇ ।੩।

ਉਬਰੇ—(ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ । ਲਾਇ—ਲਾ ਕੇ । ਬੇੜਾ—ਜਹਾਜ਼ । ਤੁਲਹੜਾ—ਸੋਹਣਾ ਤੁਲਹਾ (ਤੁਲਹਾ—ਲੱਕੜਾਂ ਤੇ ਕਾਹੀ ਆਦਿਕ ਬੰਨ੍ਹ ਕੇ ਦਰਿਆ ਤੋਂ ਪਾਰ ਲੰਘਾਣ ਲਈ ਬਣਾਇਆ ਹੋਇਆ ਵਸੀਲਾ) । ਜਿਤੁ—ਜਿਸ ਵਿਚ । ਜਿਤੁ ਲਗਿ—ਜਿਸ ਵਿਚ ਚੜ੍ਹ ਕੇ ।੪।

ਅਰਥ:- ਹੇ ਮੇਰੇ ਮਨ! (ਮਾਇਆ ਦੇ) ਤਿੰਨ ਗੁਣਾਂ (ਦੇ ਪ੍ਰਭਾਵ) ਨੂੰ ਛੱਡ ਕੇ ਉਸ ਅਵਸਥਾ ਵਿਚ ਟਿਕ ਜਿਥੇ ਇਹਨਾਂ ਤਿੰਨਾਂ ਦਾ ਜ਼ੋਰ ਨਹੀਂ ਪੈਂਦਾ । ਹੇ ਭਾਈ! ਪਰਮਾਤਮਾ ਤੇਰੇ ਮਨ ਵਿਚ (ਹੀ) ਵੱਸਦਾ ਹੈ, ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰ ।ਰਹਾਉ।

ਹੇ ਭਾਈ! ਸਾਰਾ ਜਗਤ ਮਾਇਆ ਦੇ ਤਿੰਨਾਂ ਗੁਣਾਂ ਵਿਚ ਹੀ ਫਸਿਆ ਪਿਆ ਹੈ । ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ (ਗੁਰੂ ਉਸ ਨੂੰ) ਆਤਮਕ ਜੀਵਨ ਦੀ ਸਮਝ ਬਖ਼ਸ਼ਦਾ ਹੈ । ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਲੀਨ ਹੋ ਕੇ (ਮਾਇਆ ਦੇ ਤਿੰਨਾਂ ਗੁਣਾਂ ਦੀ ਪਕੜ ਤੋਂ) ਬਚੀਦਾ ਹੈ, (ਆਪਣੀ ਤਸੱਲੀ ਵਾਸਤੇ) ਜਾ ਕੇ ਪੁੱਛ ਲਵੋ ਉਹਨਾਂ ਨੂੰ ਜਿਨ੍ਹਾਂ ਨੂੰ ਆਤਮਕ ਜੀਵਨ ਦੀ ਸਮਝ ਆ ਗਈ ਹੈ ।੧।

ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਜੁੜ ਕੇ ਹੀ ਸਾਰੇ ਜੀਵ ਆਤਮਕ ਜੀਵਨ ਜੀਊ ਸਕਦੇ ਹਨ । ਜੇ ਨਾਮ ਵਿਸਰ ਜਾਏ, ਤਾਂ ਮਨੁੱਖ ਆਤਮਕ ਮੌਤੇ ਮਰ ਜਾਂਦਾ ਹੈ । ਆਤਮਕ ਜੀਵਨ ਦੀ ਸਮਝ ਤੋਂ ਸੱਖਣਾ ਜਗਤ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ । ਮਾਇਆ ਦੇ ਮੋਹ ਵਿਚ ਸੁੱਤੇ ਹੋਏ ਮਨੁੱਖ ਆਤਮਕ ਜੀਵਨ ਦੀ ਰਾਸਿ-ਪੂੰਜੀ ਲੁਟਾ ਕੇ ਜਾਂਦੇ ਹਨ ।੨।

ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪੈਂਦੇ ਹਨ ਉਹ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ, (ਗੁਰੂ ਉਹਨਾਂ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ । ਹੇ ਭਾਈ! ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਾਂਭ ਕੇ ਰੱਖਦਾ ਹੈ, ਇਹ ਹਰਿ-ਨਾਮ ਹੀ ਜਗਤ ਵਿਚ (ਅਸਲ) ਲਾਭ ਹੈ ।੩।

ਹੇ ਭਾਈ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜ ਕੇ ਮਨੁੱਖ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ । ਹੇ ਨਾਨਕ! (ਆਖ—) ਹੇ ਭਾਈ! ਪਰਮਾਤਮਾ ਦਾ ਨਾਮ ਹੀ ਜਹਾਜ਼ ਹੈ, ਹਰਿ-ਨਾਮ ਹੀ ਤੁਲਹਾ ਹੈ ਜਿਸ ਵਿਚ ਚੜ੍ਹ ਕੇ ਮਨੁੱਖ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ।੪।੯।

ਸੋਰਠਿ ਮਹਲਾ ੩ ਘਰੁ ੧ ॥ ਸਤਿਗੁਰੁ ਸੁਖ ਸਾਗਰੁ ਜਗ ਅੰਤਰਿ ਹੋਰ ਥੈ ਸੁਖੁ ਨਾਹੀ ॥ ਹਉਮੈ ਜਗਤੁ ਦੁਖਿ ਰੋਗਿ ਵਿਆਪਿਆ ਮਰਿ ਜਨਮੈ ਰੋਵੈ ਧਾਹੀ ॥੧॥ ਪ੍ਰਾਣੀ ਸਤਿਗੁਰੁ ਸੇਵਿ ਸੁਖੁ ਪਾਇ ॥ ਸਤਿਗੁਰੁ ਸੇਵਹਿ ਤਾ ਸੁਖੁ ਪਾਵਹਿ ਨਾਹਿ ਤ ਜਾਹਿਗਾ ਜਨਮੁ ਗਵਾਇ ॥ ਰਹਾਉ ॥ ਤ੍ਰੈ ਗੁਣ ਧਾਤੁ ਬਹੁ ਕਰਮ ਕਮਾਵਹਿ ਹਰਿ ਰਸ ਸਾਦੁ ਨ ਆਇਆ ॥ ਸੰਧਿਆ ਤਰਪਣੁ ਕਰਹਿ ਗਾਇਤ੍ਰੀ ਬਿਨੁ ਬੂਝੇ ਦੁਖੁ ਪਾਇਆ ॥੨॥ ਸਤਿਗੁਰੁ ਸੇਵੇ ਸੋ ਵਡਭਾਗੀ ਜਿਸ ਨੋ ਆਪਿ ਮਿਲਾਏ ॥ ਹਰਿ ਰਸੁ ਪੀ ਜਨ ਸਦਾ ਤ੍ਰਿਪਤਾਸੇ ਵਿਚਹੁ ਆਪੁ ਗਵਾਏ ॥੩॥ ਇਹੁ ਜਗੁ ਅੰਧਾ ਸਭੁ ਅੰਧੁ ਕਮਾਵੈ ਬਿਨੁ ਗੁਰ ਮਗੁ ਨ ਪਾਏ ॥ ਨਾਨਕ ਸਤਿਗੁਰੁ ਮਿਲੈ ਤ ਅਖੀ ਵੇਖੈ ਘਰੈ ਅੰਦਰਿ ਸਚੁ ਪਾਏ ॥੪॥੧੦॥ {ਪੰਨਾ 603}

ਪਦਅਰਥ:- ਸੁਖ ਸਾਗਰੁ—ਸੁਖਾਂ ਦਾ ਸਮੁੰਦਰ । ਅੰਤਰਿ—ਵਿਚ । ਹੋਰ ਥੈ—ਕਿਸੇ ਹੋਰ ਥਾਂ ਵਿਚ । ਦੁਖਿ—ਦੁੱਖ ਵਿਚ । ਰੋਗਿ—ਰੋਗ ਵਿਚ । ਵਿਆਪਿਆ—ਗ੍ਰਸਿਆ ਹੋਇਆ । ਮਰਿ—ਮਰ ਕੇ । ਧਾਹੀ—ਧਾਹੀਂ, ਧਾਹਾਂ ਮਾਰ ਮਾਰ ਕੇ ।੧।

ਪ੍ਰਾਣੀ—ਹੇ ਬੰਦੇ! ਸੇਵਿ—ਸੇਵਾ ਕਰ । ਗਵਾਇ—ਗਵਾ ਕੇ ।ਰਹਉ।

ਧਾਤੁ—ਮਾਇਆ । ਕਰਮ—(ਮਿਥੇ ਹੋਏ ਧਾਰਮਿਕ) ਕੰਮ । ਕਮਾਵਹਿ—ਕਰਦੇ ਹਨ । ਸਾਦੁ—ਸੁਆਦ । ਸੰਧਿਆ—ਸਵੇਰ ਦੁਪਹਿਰ ਤੇ ਸ਼ਾਮ ਦੀ ਪੂਜਾ । ਤਰਪਣੁ—ਪਿਤਰਾਂ ਤੇ ਦੇਵਤਿਆਂ ਨੂੰ ਜਲ ਭੇਟਾ ਕਰਨਾ ।੨।

ਜਿਸ ਨੋ—(ਲਫ਼ਜ਼ 'ਜਿਸੁ' ਦਾ ੂ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਪੀ—ਪੀ ਕੇ ।

ਤ੍ਰਿਪਤਾਸੇ—ਰੱਜੇ ਰਹਿੰਦੇ ਹਨ । ਆਪੁ—ਆਪਾ-ਭਾਵ । ਗਵਾਏ—ਗਵਾਇ, ਗਵਾ ਕੇ ।੩।

ਅੰਧੁ—ਅੰਨ੍ਹਿਆਂ ਵਾਲਾ ਕੰਮ । ਮਗੁ—ਰਸਤਾ । ਅਖੀ—(ਆਪਣੀਆਂ) ਅੱਖਾਂ ਨਾਲ । ਘਰੈ ਅੰਦਰਿ—ਘਰ ਹੀ ਵਿਚ । ਘਰ ਅੰਦਰਿ—ਘਰ ਵਿਚ । ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਪਾਏ—ਲੱਭ ਲੈਂਦਾ ਹੈ ।੪।

ਅਰਥ:- ਹੇ ਬੰਦੇ! ਗੁਰੂ ਦੀ ਸਰਨ ਪਉ, ਤੇ, ਆਤਮਕ ਆਨੰਦ ਮਾਣ । ਜੇ ਤੂੰ ਗੁਰੂ ਦੀ ਦੱਸੀ ਸੇਵਾ ਕਰੇਂਗਾ, ਤਾਂ ਸੁਖ ਪਾਏਂਗਾ । ਨਹੀਂ ਤਾਂ ਆਪਣਾ ਜੀਵਨ ਵਿਅਰਥ ਗੁਜ਼ਾਰ ਕੇ (ਇਥੋਂ) ਚਲਾ ਜਾਏਂਗਾ ।ਰਹਾਉ।

ਹੇ ਭਾਈ! ਜਗਤ ਵਿਚ ਗੁਰੂ (ਹੀ) ਸੁਖ ਦਾ ਸਮੁੰਦਰ ਹੈ, (ਗੁਰੂ ਤੋਂ ਬਿਨਾ) ਕਿਸੇ ਹੋਰ ਥਾਂ ਸੁਖ ਨਹੀਂ ਮਿਲਦਾ । ਜਗਤ ਆਪਣੀ ਹਉਮੈ ਦੇ ਕਾਰਨ (ਗੁਰੂ ਤੋਂ ਖੁੰਝ ਕੇ) ਦੁੱਖ ਵਿਚ ਰੋਗ ਵਿਚ ਗ੍ਰਸਿਆ ਰਹਿੰਦਾ ਹੈ, ਮੁੜ ਮੁੜ ਜੰਮਦਾ ਮਰਦਾ ਹੈ, ਧਾਹਾਂ ਮਾਰ ਮਾਰ ਕੇ ਰੋਂਦਾ ਹੈ (ਦੁੱਖੀ ਹੁੰਦਾ ਹੈ) ।੧।

ਹੇ ਭਾਈ! ਗੁਰੂ ਤੋਂ ਖੁੰਝੇ ਹੋਏ ਮਨੁੱਖ ਮਾਇਆ ਦੇ ਤਿੰਨਾਂ ਗੁਣਾਂ ਦੇ ਪ੍ਰਭਾਵ ਵਿਚ (ਮਿਥੇ ਹੋਏ ਧਾਰਮਿਕ) ਕਰਮ ਕਰਦੇ ਹਨ, ਪਰ ਉਹਨਾਂ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਨਹੀਂ ਆਉਂਦਾ । ਤਿੰਨੇ ਵੇਲੇ ਸੰਧਿਆ-ਪਾਠ ਕਰਦੇ ਹਨ, ਪਿਤਰਾਂ ਦੇਵਤਿਆਂ ਨੂੰ ਜਲ ਅਰਪਣ ਕਰਦੇ ਹਨ, ਗਾਇਤ੍ਰੀ-ਮੰਤ੍ਰ ਦਾ ਪਾਠ ਕਰਦੇ ਹਨ, ਪਰ ਆਤਮਕ ਜੀਵਨ ਦੀ ਸੂਝ ਤੋਂ ਬਿਨਾ ਉਹਨਾਂ ਨੂੰ ਦੁੱਖ ਹੀ ਮਿਲਦਾ ਹੈ ।੨।

ਹੇ ਭਾਈ! ਉਹ ਮਨੁੱਖ ਭਾਗਾਂ ਵਾਲਾ ਹੈ ਜੋ ਗੁਰੂ ਦੀ ਦੱਸੀ ਸੇਵਾ ਕਰਦਾ ਹੈ (ਪਰ ਗੁਰੂ ਉਸੇ ਨੂੰ ਮਿਲਦਾ ਹੈ) ਜਿਸ ਨੂੰ ਪਰਮਾਤਮਾ ਆਪ ਮਿਲਾਏ । (ਗੁਰੂ ਦੀ ਸ਼ਰਨ ਪੈਣ ਵਾਲੇ) ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ (ਗੁਰੂ ਪਾਸੋਂ) ਪਰਮਾਤਮਾ ਦੇ ਨਾਮ ਦਾ ਰਸ ਪੀ ਕੇ ਸਦਾ ਰੱਜੇ ਰਹਿੰਦੇ ਹਨ ।੩।

ਹੇ ਭਾਈ! ਇਹ ਜਗਤ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਪਿਆ ਹੈ, ਅੰਨ੍ਹਿਆਂ ਵਾਲਾ ਹੀ ਕੰਮ ਸਦਾ ਕਰਦਾ ਹੈ । ਗੁਰੂ ਦੀ ਸਰਨ ਪੈਣ ਤੋਂ ਬਿਨਾ (ਜੀਵਨ ਦਾ ਸਹੀ) ਰਸਤਾ ਨਹੀਂ ਲੱਭ ਸਕਦਾ । ਹੇ ਨਾਨਕ! ਜੇ ਇਸ ਨੂੰ ਗੁਰੂ ਮਿਲ ਪਏ, ਤਾਂ (ਪਰਮਾਤਮਾ ਨੂੰ) ਅੱਖਾਂ ਨਾਲ ਵੇਖ ਲੈਂਦਾ ਹੈ, ਆਪਣੇ ਹਿਰਦੇ-ਘਰ ਵਿਚ ਹੀ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਲੱਭ ਲੈਂਦਾ ਹੈ ।੪।੧੦।

ਸੋਰਠਿ ਮਹਲਾ ੩ ॥ ਬਿਨੁ ਸਤਿਗੁਰ ਸੇਵੇ ਬਹੁਤਾ ਦੁਖੁ ਲਾਗਾ ਜੁਗ ਚਾਰੇ ਭਰਮਾਈ ॥ ਹਮ ਦੀਨ ਤੁਮ ਜੁਗੁ ਜੁਗੁ ਦਾਤੇ ਸਬਦੇ ਦੇਹਿ ਬੁਝਾਈ ॥੧॥ ਹਰਿ ਜੀਉ ਕ੍ਰਿਪਾ ਕਰਹੁ ਤੁਮ ਪਿਆਰੇ ॥ ਸਤਿਗੁਰੁ ਦਾਤਾ ਮੇਲਿ ਮਿਲਾਵਹੁ ਹਰਿ ਨਾਮੁ ਦੇਵਹੁ ਆਧਾਰੇ ॥ ਰਹਾਉ ॥ ਮਨਸਾ ਮਾਰਿ ਦੁਬਿਧਾ ਸਹਜਿ ਸਮਾਣੀ ਪਾਇਆ ਨਾਮੁ ਅਪਾਰਾ ॥ ਹਰਿ ਰਸੁ ਚਾਖਿ ਮਨੁ ਨਿਰਮਲੁ ਹੋਆ ਕਿਲਬਿਖ ਕਾਟਣਹਾਰਾ ॥੨॥ ਸਬਦਿ ਮਰਹੁ ਫਿਰਿ ਜੀਵਹੁ ਸਦ ਹੀ ਤਾ ਫਿਰਿ ਮਰਣੁ ਨ ਹੋਈ ॥ ਅੰਮ੍ਰਿਤੁ ਨਾਮੁ ਸਦਾ ਮਨਿ ਮੀਠਾ ਸਬਦੇ ਪਾਵੈ ਕੋਈ ॥੩॥ ਦਾਤੈ ਦਾਤਿ ਰਖੀ ਹਥਿ ਅਪਣੈ ਜਿਸੁ ਭਾਵੈ ਤਿਸੁ ਦੇਈ ॥ ਨਾਨਕ ਨਾਮਿ ਰਤੇ ਸੁਖੁ ਪਾਇਆ ਦਰਗਹ ਜਾਪਹਿ ਸੇਈ ॥੪॥੧੧॥ {ਪੰਨਾ 603-604}

ਪਦਅਰਥ:- ਜੁਗ ਚਾਰੇ—ਚਹੁੰਆਂ ਜੁਗਾਂ ਵਿਚ । ਭਰਮਾਈ—ਭਟਕਦਾ ਹੈ । ਦੀਨ—ਕੰਗਾਲ, ਮੰਗਤੇ । ਸਬਦੇ—ਗੁਰੂ ਦੇ ਸ਼ਬਦ ਦੀ ਰਾਹੀਂ । ਦੇਹਿ—ਦੇਂਹਿ, ਤੂੰ ਦੇਂਦਾ ਹੈਂ । ਬੁਝਾਈ—ਸਮਝ ।੧।

ਆਧਾਰੇ—ਆਸਰਾ ।ਰਹਾਉ।

ਮਨਸਾ—{mnl–w} ਵਾਸਨਾ । ਮਾਰਿ—ਮਾਰ ਕੇ । ਦੁਬਿਧਾ—ਦੁ-ਕਿਸਮਾ-ਪਨ, ਡਾਂਵਾਂ-ਡੋਲ ਹਾਲਤ । ਸਹਜਿ—ਆਤਮਕ ਅਡੋਲਤਾ ਵਿਚ । ਕਿਲਬਿਖ—ਪਾਪ ।੨।

ਸਬਦਿ—ਸ਼ਬਦ ਦੀ ਰਾਹੀਂ । ਮਰਹੁ—(ਵਿਕਾਰਾਂ ਵਲੋਂ) ਅਛੋਹ ਹੋ ਜਾਵੋ । ਜੀਵਹੁ—ਆਤਮਕ ਜੀਵਨ ਹਾਸਲ ਕਰ ਲਵੋਗੇ । ਸਦ ਹੀ—ਸਦਾ ਹੀ । ਮਰਣੁ—ਆਤਮਕ ਮੌਤ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ । ਮਨਿ—ਮਨ ਵਿਚ ।੩।

ਦਾਤੈ—ਦਾਤੇ ਨੇ । ਹਥਿ—ਹੱਥ ਵਿਚ । ਦੇਈ—ਦੇਂਦਾ ਹੈ । ਜਾਪਹਿ—ਆਦਰ ਪਾਂਦੇ ਹਨ, ਪਰਗਟ ਹੁੰਦੇ ਹਨ ।੪।

ਅਰਥ:- ਹੇ ਪਿਆਰੇ ਪ੍ਰਭੂ ਜੀ! (ਮੇਰੇ ਉਤੇ) ਮੇਹਰ ਕਰ, ਤੇਰੇ ਨਾਮ ਦੀ ਦਾਤਿ ਦੇਣ ਵਾਲਾ ਗੁਰੂ ਮੈਨੂੰ ਮਿਲਾ, ਅਤੇ (ਮੇਰੀ ਜ਼ਿੰਦਗੀ ਦਾ) ਸਹਾਰਾ ਆਪਣਾ ਨਾਮ ਮੈਨੂੰ ਦੇਹ ।ਰਹਾਉ।

ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਮਨੁੱਖ ਨੂੰ ਬਹੁਤ ਦੁੱਖ ਚੰਬੜਿਆ ਰਹਿੰਦਾ ਹੈ, ਮਨੁੱਖ ਸਦਾ ਹੀ ਭਟਕਦਾ ਫਿਰਦਾ ਹੈ । ਹੇ ਪ੍ਰਭੂ! ਅਸੀ (ਜੀਵ, ਤੇਰੇ ਦਰ ਦੇ) ਮੰਗਤੇ ਹਾਂ, ਤੂੰ ਸਦਾ ਹੀ (ਸਾਨੂੰ) ਦਾਤਾਂ ਦੇਣ ਵਾਲਾ ਹੈਂ, (ਮੇਹਰ ਕਰ, ਗੁਰੂ ਦੇ) ਸ਼ਬਦ ਵਿਚ ਜੋੜ ਕੇ ਆਤਮਕ ਜੀਵਨ ਦੀ ਸਮਝ ਬਖ਼ਸ਼ ।੧।

(ਹੇ ਭਾਈ! ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਨੇ) ਬੇਅੰਤ ਪ੍ਰਭੂ ਦਾ ਨਾਮ ਹਾਸਲ ਕਰ ਲਿਆ (ਨਾਮ ਦੀ ਬਰਕਤਿ ਨਾਲ) ਵਾਸਨਾ ਨੂੰ ਮੁਕਾ ਕੇ ਉਸ ਦੀ ਮਾਨਸਕ ਡਾਂਵਾਂ-ਡੋਲ ਹਾਲਤ ਆਤਮਕ ਅਡੋਲਤਾ ਵਿਚ ਲੀਨ ਹੋ ਜਾਂਦੀ ਹੈ । ਹੇ ਭਾਈ! ਪਰਮਾਤਮਾ ਦਾ ਨਾਮ ਸਾਰੇ ਪਾਪ ਕੱਟਣ ਦੇ ਸਮਰਥ ਹੈ (ਜੇਹੜਾ ਮਨੁੱਖ ਨਾਮ ਪ੍ਰਾਪਤ ਕਰ ਲੈਂਦਾ ਹੈ) ਹਰਿ-ਨਾਮ ਦਾ ਸੁਆਦ ਚੱਖ ਕੇ ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ ।੨।

ਹੇ ਭਾਈ! ਗੁਰੂ ਦੇ ਸ਼ਬਦ ਵਿਚ ਜੁੜ ਕੇ (ਵਿਕਾਰਾਂ ਵਲੋਂ) ਅਛੋਹ ਹੋ ਜਾਵੋ, ਫਿਰ ਸਦਾ ਲਈ ਹੀ ਆਤਮਕ ਜੀਵਨ ਜੀਊਂਦੇ ਰਹੋਗੇ, ਫਿਰ ਕਦੇ ਆਤਮਕ ਮੌਤ ਨੇੜੇ ਨਹੀਂ ਢੁਕੇਗੀ । ਜੇਹੜਾ ਭੀ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਹਰਿ-ਨਾਮ ਪ੍ਰਾਪਤ ਕਰ ਲੈਂਦਾ ਹੈ, ਉਸ ਨੂੰ ਇਹ ਆਤਮਕ ਜੀਵਨ ਦੇਣ ਵਾਲਾ ਨਾਮ ਸਦਾ ਲਈ ਮਨ ਵਿਚ ਮਿੱਠਾ ਲੱਗਣ ਲੱਗ ਪੈਂਦਾ ਹੈ ।੩।

ਹੇ ਭਾਈ! ਦਾਤਾਰ ਨੇ (ਨਾਮ ਦੀ ਇਹ) ਦਾਤਿ ਆਪਣੇ ਹੱਥ ਵਿਚ ਰੱਖੀ ਹੋਈ ਹੈ, ਜਿਸ ਨੂੰ ਚਾਹੁੰਦਾ ਹੈ ਉਸ ਨੂੰ ਦੇ ਦੇਂਦਾ ਹੈ । ਹੇ ਨਾਨਕ! ਜੇਹੜੇ ਮਨੁੱਖ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹ (ਇਥੇ) ਸੁਖ ਮਾਣਦੇ ਹਨ, ਪਰਮਾਤਮਾ ਦੀ ਹਜ਼ੂਰੀ ਵਿਚ ਭੀ ਉਹੀ ਮਨੁੱਖ ਆਦਰ-ਮਾਣ ਪਾਂਦੇ ਹਨ ।੪।੧੧।

ਸੋਰਠਿ ਮਹਲਾ ੩ ॥ ਸਤਿਗੁਰ ਸੇਵੇ ਤਾ ਸਹਜ ਧੁਨਿ ਉਪਜੈ ਗਤਿ ਮਤਿ ਤਦ ਹੀ ਪਾਏ ॥ ਹਰਿ ਕਾ ਨਾਮੁ ਸਚਾ ਮਨਿ ਵਸਿਆ ਨਾਮੇ ਨਾਮਿ ਸਮਾਏ ॥੧॥ ਬਿਨੁ ਸਤਿਗੁਰ ਸਭੁ ਜਗੁ ਬਉਰਾਨਾ ॥ ਮਨਮੁਖਿ ਅੰਧਾ ਸਬਦੁ ਨ ਜਾਣੈ ਝੂਠੈ ਭਰਮਿ ਭੁਲਾਨਾ ॥ ਰਹਾਉ ॥ ਤ੍ਰੈ ਗੁਣ ਮਾਇਆ ਭਰਮਿ ਭੁਲਾਇਆ ਹਉਮੈ ਬੰਧਨ ਕਮਾਏ ॥ ਜੰਮਣੁ ਮਰਣੁ ਸਿਰ ਊਪਰਿ ਊਭਉ ਗਰਭ ਜੋਨਿ ਦੁਖੁ ਪਾਏ ॥੨॥ ਤ੍ਰੈ ਗੁਣ ਵਰਤਹਿ ਸਗਲ ਸੰਸਾਰਾ ਹਉਮੈ ਵਿਚਿ ਪਤਿ ਖੋਈ ॥ ਗੁਰਮੁਖਿ ਹੋਵੈ ਚਉਥਾ ਪਦੁ ਚੀਨੈ ਰਾਮ ਨਾਮਿ ਸੁਖੁ ਹੋਈ ॥੩॥ ਤ੍ਰੈ ਗੁਣ ਸਭਿ ਤੇਰੇ ਤੂ ਆਪੇ ਕਰਤਾ ਜੋ ਤੂ ਕਰਹਿ ਸੁ ਹੋਈ ॥ ਨਾਨਕ ਰਾਮ ਨਾਮਿ ਨਿਸਤਾਰਾ ਸਬਦੇ ਹਉਮੈ ਖੋਈ ॥੪॥੧੨॥ {ਪੰਨਾ 604}

ਪਦਅਰਥ:- ਸਹਜ ਧੁਨਿ—ਆਤਮਕ ਅਡੋਲਤਾ ਦੀ ਰੌ । ਉਪਜੈ—ਪੈਦਾ ਹੋ ਜਾਂਦੀ ਹੈ । ਗਤਿ—ਉੱਚੀ ਆਤਮਕ ਅਵਸਥਾ । ਤਦ ਹੀ—ਤਦੋਂ ਹੀ । ਮਨਿ—ਮਨ ਵਿਚ । ਨਾਮੇ ਨਾਮਿ—ਨਾਮ ਵਿਚ ਹੀ ਨਾਮ ਵਿਚ, ਸਦਾ ਨਾਮ ਵਿਚ ਹੀ ।੧।

ਬਉਰਾਨਾ—ਕਮਲਾ, ਝੱਲਾ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ । ਭਰਮਿ—ਭਟਕਣਾ ਵਿਚ ।ਰਹਾਉ।

ਭੁਲਾਇਆ—ਕੁਰਾਹੇ ਪਿਆ ਰਹਿੰਦਾ ਹੈ । ਊਭਉ—ਖਲੋਤਾ ਹੋਇਆ ।੨।

ਵਰਤਹਿ—ਪ੍ਰਭਾਵ ਪਾਈ ਰੱਖਦੇ ਹਨ । ਪਤਿ—ਇੱਜ਼ਤ । ਚਉਥਾ ਪਦੁ—ਉਹ ਆਤਮਕ ਦਰਜਾ ਜਿੱਥੇ ਮਾਇਆ ਦੇ ਤਿੰਨ ਗੁਣ ਆਪਣਾ ਅਸਰ ਨਹੀਂ ਪਾ ਸਕਦੇ । ਨਾਮਿ—ਨਾਮ ਦੀ ਰਾਹੀਂ ।੩।

ਸਭਿ—ਸਾਰੇ । ਆਪੇ—ਆਪ ਹੀ । ਨਿਸਤਾਰਾ—ਪਾਰ-ਉਤਾਰਾ, ਪੂਰਨ ਖ਼ਲਾਸੀ ।੪।

ਅਰਥ:- ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਸਾਰਾ ਜਗਤ (ਮਾਇਆ ਦੇ ਮੋਹ ਵਿਚ) ਝੱਲਾ ਹੋਇਆ ਫਿਰਦਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋ ਕੇ ਗੁਰੂ ਦੇ ਸ਼ਬਦ ਨਾਲ ਡੂੰਘੀ ਸਾਂਝ ਨਹੀਂ ਪਾਂਦਾ । ਝੂਠੀ ਦੁਨੀਆ ਦੇ ਕਾਰਨ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ ।ਰਹਾਉ।

ਹੇ ਭਾਈ! ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤਦੋਂ (ਇਸ ਦੇ ਅੰਦਰ) ਆਤਮਕ ਅਡੋਲਤਾ ਦੀ ਰੌ ਚੱਲ ਪੈਂਦੀ ਹੈ । ਤਦੋਂ ਹੀ (ਗੁਰੂ ਦੀ ਸਰਨ ਪੈ ਕੇ ਹੀ) ਮਨੁੱਖ ਉੱਚੀ ਆਤਮਕ ਅਵਸਥਾ ਤੇ ਉੱਚੀ ਮਤਿ ਹਾਸਲ ਕਰਦਾ ਹੈ । ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ, ਤੇ, ਮਨੁੱਖ ਸਦਾ ਨਾਮ ਵਿਚ ਹੀ ਲੀਨ ਰਹਿੰਦਾ ਹੈ ।੧।

ਹੇ ਭਾਈ! ਮਨੁੱਖ ਤ੍ਰਿਗੁਣੀ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਤੇ, ਹਉਮੈ ਦੇ ਕਾਰਨ ਮੋਹ ਦੇ ਬੰਧਨ ਵਧਾਣ ਵਾਲੇ ਕੰਮ ਹੀ ਕਰਦਾ ਹੈ । ਉਸ ਦੇ ਸਿਰ ਉਤੇ ਜਨਮ ਮਰਨ ਦਾ ਗੇੜ ਹਰ ਵੇਲੇ ਟਿਕਿਆ ਰਹਿੰਦਾ ਹੈ, ਤੇ, ਜਨਮ ਮਰਨ ਵਿਚ ਪੈ ਕੇ ਦੁੱਖ ਸਹਿੰਦਾ ਰਹਿੰਦਾ ਹੈ ।

ਹੇ ਭਾਈ! ਮਾਇਆ ਦੇ ਤਿੰਨ ਗੁਣ ਸਾਰੇ ਸੰਸਾਰ ਉੱਤੇ ਆਪਣਾ ਪਰਭਾਵ ਪਾਈ ਰੱਖਦੇ ਹਨ, (ਇਹਨਾਂ ਦੇ ਅਸਰ ਹੇਠ ਮਨੁੱਖ) ਹਉਮੈ ਵਿਚ ਫਸ ਕੇ ਇੱਜ਼ਤ ਗਵਾ ਲੈਂਦਾ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਉਸ ਆਤਮਕ ਅਵਸਥਾ ਨੂੰ ਪਛਾਣ ਲੈਂਦਾ ਹੈ ਜਿਥੇ ਮਾਇਆ ਦੇ ਤਿੰਨ ਗੁਣ ਅਸਰ ਨਹੀਂ ਪਾ ਸਕਦੇ, ਪਰਮਾਤਮਾ ਦੇ ਨਾਮ ਵਿਚ ਟਿਕ ਕੇ ਉਹ ਆਤਮਕ ਆਨੰਦ ਮਾਣਦਾ ਹੈ ।੩।

ਹੇ ਪ੍ਰਭੂ! ਮਾਇਆ ਦੇ ਇਹ ਤਿੰਨੇ ਗੁਣ ਤੇਰੇ ਹੀ ਬਣਾਏ ਹੋਏ ਹਨ, ਤੂੰ ਆਪ ਹੀ (ਸਭ ਦਾ) ਪੈਦਾ ਕਰਨ ਵਾਲਾ ਹੈਂ । (ਜਗਤ ਵਿਚ) ਉਹੀ ਹੁੰਦਾ ਹੈ ਜੋ ਤੂੰ ਕਰਦਾ ਹੈਂ । ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਦੇ ਨਾਮ ਵਿਚ ਜੁੜਿਆਂ (ਮਾਇਆ ਦੇ ਤਿੰਨ ਗੁਣਾਂ ਤੋਂ) ਪੂਰੀ ਖ਼ਲਾਸੀ ਹੁੰਦੀ ਹੈ । ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਹੀ (ਆਪਣੇ ਅੰਦਰੋਂ) ਹਉਮੈ ਦੂਰ ਕਰ ਸਕਦਾ ਹੈ ।੪।੧੨।

ਸੋਰਠਿ ਮਹਲਾ ੪ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਆਪੇ ਆਪਿ ਵਰਤਦਾ ਪਿਆਰਾ ਆਪੇ ਆਪਿ ਅਪਾਹੁ ॥ ਵਣਜਾਰਾ ਜਗੁ ਆਪਿ ਹੈ ਪਿਆਰਾ ਆਪੇ ਸਾਚਾ ਸਾਹੁ ॥ ਆਪੇ ਵਣਜੁ ਵਾਪਾਰੀਆ ਪਿਆਰਾ ਆਪੇ ਸਚੁ ਵੇਸਾਹੁ ॥੧॥ ਜਪਿ ਮਨ ਹਰਿ ਹਰਿ ਨਾਮੁ ਸਲਾਹ ॥ ਗੁਰ

ਕਿਰਪਾ ਤੇ ਪਾਈਐ ਪਿਆਰਾ ਅੰਮ੍ਰਿਤੁ ਅਗਮ ਅਥਾਹ ॥ ਰਹਾਉ ॥ ਆਪੇ ਸੁਣਿ ਸਭ ਵੇਖਦਾ ਪਿਆਰਾ ਮੁਖਿ ਬੋਲੇ ਆਪਿ ਮੁਹਾਹੁ ॥ ਆਪੇ ਉਝੜਿ ਪਾਇਦਾ ਪਿਆਰਾ ਆਪਿ ਵਿਖਾਲੇ ਰਾਹੁ ॥ ਆਪੇ ਹੀ ਸਭੁ ਆਪਿ ਹੈ ਪਿਆਰਾ ਆਪੇ ਵੇਪਰਵਾਹੁ ॥੨॥ ਆਪੇ ਆਪਿ ਉਪਾਇਦਾ ਪਿਆਰਾ ਸਿਰਿ ਆਪੇ ਧੰਧੜੈ ਲਾਹੁ ॥ ਆਪਿ ਕਰਾਏ ਸਾਖਤੀ ਪਿਆਰਾ ਆਪਿ ਮਾਰੇ ਮਰਿ ਜਾਹੁ ॥ ਆਪੇ ਪਤਣੁ ਪਾਤਣੀ ਪਿਆਰਾ ਆਪੇ ਪਾਰਿ ਲੰਘਾਹੁ ॥੩॥ ਆਪੇ ਸਾਗਰੁ ਬੋਹਿਥਾ ਪਿਆਰਾ ਗੁਰੁ ਖੇਵਟੁ ਆਪਿ ਚਲਾਹੁ ॥ ਆਪੇ ਹੀ ਚੜਿ ਲੰਘਦਾ ਪਿਆਰਾ ਕਰਿ ਚੋਜ ਵੇਖੈ ਪਾਤਿਸਾਹੁ ॥ ਆਪੇ ਆਪਿ ਦਇਆਲੁ ਹੈ ਪਿਆਰਾ ਜਨ ਨਾਨਕ ਬਖਸਿ ਮਿਲਾਹੁ ॥੪॥੧॥ {ਪੰਨਾ 604}

ਪਦਅਰਥ:- ਆਪੇ—ਆਪ ਹੀ । ਵਰਤਦਾ—(ਹਰ ਥਾਂ) ਮੌਜੂਦ ਹੈ । ਅਪਾਹੁ—ਅ-ਪਾਹੁ, ਪਾਹ ਤੋਂ ਰਹਿਤ, ਨਿਰਲੇਪ । ਸਾਚਾ—ਸਦਾ ਕਾਇਮ ਰਹਿਣ ਵਾਲਾ । ਸਾਹੁ—ਸ਼ਾਹੂਕਾਰ, ਵਣਜਾਰਿਆਂ ਨੂੰ ਰਾਸਿ ਦੇਣ ਵਾਲਾ । ਸਚੁ—ਸਦਾ-ਥਿਰ । ਵੇਸਾਹੁ—ਰਾਸਿ-ਪੂੰਜੀ, ਸਰਮਾਇਆ ।੧।

ਮਨ—ਹੇ ਮਨ! ਸਲਾਹ—ਸਿਫ਼ਤਿ-ਸਾਲਾਹ । ਤੇ—ਤੋਂ, ਦੀ ਰਾਹੀਂ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ । ਅਗਮ—ਅਪਹੁੰਚ । ਅਥਾਹ—ਜਿਸ ਦੀ ਹੋਂਦ ਦੀ ਡੂੰਘਾਈ ਨਹੀਂ ਲੱਭੀ ਜਾ ਸਕਦੀ ।ਰਹਾਉ।

ਸੁਣਿ—ਸੁਣ ਕੇ । ਵੇਖਦਾ—ਸੰਭਾਲ ਕਰਦਾ ਹੈ । ਮੁਖਿ—ਮੂੰਹ ਤੋਂ । ਮੁਹਾਹੁ—ਮੋਹ ਲੈਣ ਵਾਲਾ ਬੋਲ, ਮਿੱਠਾ ਬੋਲ । ਉਝੜਿ—ਗ਼ਲਤ ਰਸਤੇ ਤੇ । ਸਭੁ—ਹਰ ਥਾਂ ।੨।

ਸਿਰਿ—ਸਿਰਿ ਸਿਰਿ, ਹਰੇਕ ਦੇ ਸਿਰ ਉਤੇ । ਧੰਧੜੈ—ਧੰਧੇ ਵਿਚ । ਲਾਹੁ—ਲਾਂਦਾ ਹੈ । ਸਾਖਤੀ—ਬਣਤਰ, ਰਚਨਾ । ਮਰਿ ਜਾਹੁ—ਮਰ ਜਾਂਦਾ ਹੈ । ਪਾਤਣੀ—ਪੱਤਣ ਦਾ ਮਲਾਹ ।੩।

ਸਾਗਰੁ—ਸਮੁੰਦਰ । ਬੋਹਿਥਾ—ਜਹਾਜ਼ । ਖੇਵਟੁ—ਮਲਾਹ । ਚੜਿ—(ਜਹਾਜ਼ ਵਿਚ) ਚੜ੍ਹ ਕੇ । ਚੋਜ—ਕੌਤਕ-ਤਮਾਸ਼ੇ । ਕਰਿ—ਕਰ ਕੇ । ਬਖਸਿ—ਬਖ਼ਸ਼ਸ਼ ਕਰ ਕੇ, ਦਇਆ ਕਰ ਕੇ ।੪।

ਅਰਥ:- ਹੇ (ਮੇਰੇ) ਮਨ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ, ਸਿਫ਼ਤਿ-ਸਾਲਾਹ ਕਰਿਆ ਕਰ । (ਹੇ ਭਾਈ!) ਗੁਰੂ ਦੀ ਮੇਹਰ ਨਾਲ ਹੀ ਉਹ ਪਿਆਰਾ ਪ੍ਰਭੂ ਮਿਲ ਸਕਦਾ ਹੈ, ਜੋ ਆਤਮਕ ਜੀਵਨ ਦੇਣ ਵਾਲਾ ਹੈ, ਜੋ ਅਪਹੁੰਚ ਹੈ, ਤੇ, ਜੋ ਬਹੁਤ ਡੂੰਘਾ ਹੈ ।ਰਹਾਉ।

ਹੇ ਭਾਈ! ਪ੍ਰਭੂ ਆਪ ਹੀ ਹਰ ਥਾਂ ਮੌਜੂਦ ਹੈ (ਵਿਆਪਕ ਹੁੰਦਿਆਂ ਭੀ) ਪ੍ਰਭੂ ਆਪ ਹੀ ਨਿਰਲੇਪ (ਭੀ) ਹੈ । ਜਗਤ-ਵਣਜਾਰਾ ਪ੍ਰਭੂ ਆਪ ਹੀ ਹੈ (ਜਗਤ-ਵਣਜਾਰੇ ਨੂੰ ਰਾਸਿ-ਪੂੰਜੀ ਦੇਣ ਵਾਲਾ ਭੀ) ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪ ਹੀ ਸ਼ਾਹੂਕਾਰ ਹੈ । ਪ੍ਰਭੂ ਆਪ ਹੀ ਵਣਜ ਹੈ, ਆਪ ਹੀ ਵਪਾਰ ਕਰਨ ਵਾਲਾ ਹੈ, ਆਪ ਸਦਾ-ਥਿਰ ਰਹਿਣ ਵਾਲਾ ਸਰਮਾਇਆ ਹੈ ।੧।

ਹੇ ਭਾਈ! ਪ੍ਰਭੂ ਆਪ ਹੀ (ਜੀਵਾਂ ਦੀਆਂ ਅਰਦਾਸਾਂ) ਸੁਣ ਕੇ ਸਭ ਦੀ ਸੰਭਾਲ ਕਰਦਾ ਹੈ, ਆਪ ਹੀ ਮੂੰਹੋਂ (ਜੀਵਾਂ ਨੂੰ ਢਾਰਸ ਦੇਣ ਲਈ) ਮਿੱਠਾ ਬੋਲ ਬੋਲਦਾ ਹੈ । ਪਿਆਰਾ ਪ੍ਰਭੂ ਆਪ ਹੀ (ਜੀਵਾਂ ਨੂੰ) ਕੁਰਾਹੇ ਪਾ ਦੇਂਦਾ ਹੈ, ਆਪ ਹੀ (ਜ਼ਿੰਦਗੀ ਦਾ ਸਹੀ) ਰਸਤਾ ਵਿਖਾਂਦਾ ਹੈ । ਹੇ ਭਾਈ! ਹਰ ਥਾਂ ਪ੍ਰਭੂ ਆਪ ਹੀ ਆਪ ਹੈ, (ਇਤਨੇ ਖਲਜਗਨ ਦਾ ਮਾਲਕ ਹੁੰਦਾ ਹੋਇਆ) ਪ੍ਰਭੂ ਬੇ-ਪਰਵਾਹ ਰਹਿੰਦਾ ਹੈ ।੨।

ਹੇ ਭਾਈ! ਪ੍ਰਭੂ ਆਪ ਹੀ (ਸਭ ਜੀਵਾਂ ਨੂੰ) ਪੈਦਾ ਕਰਦਾ ਹੈ, ਆਪ ਹੀ ਹਰੇਕ ਜੀਵ ਨੂੰ ਮਾਇਆ ਦੇ ਆਹਰ

ਵਿਚ ਲਾਈ ਰੱਖਦਾ ਹੈ, ਪ੍ਰਭੂ ਆਪ ਹੀ (ਜੀਵਾਂ ਦੀ) ਬਣਤਰ ਬਣਾਂਦਾ ਹੈ, ਆਪ ਹੀ ਮਾਰਦਾ ਹੈ, (ਤਾਂ ਉਸ ਦਾ ਪੈਦਾ ਕੀਤਾ ਜੀਵ) ਮਰ ਜਾਂਦਾ ਹੈ । ਪ੍ਰਭੂ ਆਪ ਹੀ (ਸੰਸਾਰ-ਨਦੀ ਉਤੇ) ਪੱਤਣ ਹੈ, ਆਪ ਹੀ ਮਲਾਹ ਹੈ, ਆਪ ਹੀ (ਜੀਵਾਂ ਨੂੰ) ਪਾਰ ਲੰਘਾਂਦਾ ਹੈ ।੩।

ਹੇ ਭਾਈ! ਪ੍ਰਭੂ ਆਪ ਹੀ (ਸੰਸਾਰ-) ਸਮੁੰਦਰ ਹੈ, ਆਪ ਹੀ ਜਹਾਜ਼ ਹੈ, ਆਪ ਹੀ ਗੁਰੂ-ਮਲਾਹ ਹੋ ਕੇ ਜਹਾਜ਼ ਨੂੰ ਚਲਾਂਦਾ ਹੈ । ਪ੍ਰਭੂ ਆਪ ਹੀ (ਜਹਾਜ਼ ਵਿਚ) ਚੜ੍ਹ ਕੇ ਪਾਰ ਲੰਘਦਾ ਹੈ । ਪ੍ਰਭੂ-ਪਾਤਿਸ਼ਾਹ ਕੌਤਕ-ਤਮਾਸ਼ੇ ਕਰ ਕੇ ਆਪ ਹੀ (ਇਤਨਾ ਤਮਾਸ਼ਿਆਂ ਨੂੰ) ਵੇਖ ਰਿਹਾ ਹੈ । ਹੇ ਨਾਨਕ! (ਆਖ—) ਪ੍ਰਭੂ ਆਪ ਹੀ (ਸਦਾ) ਦਇਆ ਦਾ ਸੋਮਾ ਹੈ, ਆਪ ਹੀ ਬਖ਼ਸ਼ਸ਼ ਕਰ ਕੇ (ਆਪਣੇ ਪੈਦਾ ਕੀਤੇ ਜੀਵਾਂ ਨੂੰ ਆਪਣੇ ਨਾਲ) ਮਿਲਾ ਲੈਂਦਾ ਹੈ ।੪।੧।

ਸੋਰਠਿ ਮਹਲਾ ੪ ਚਉਥਾ ॥ ਆਪੇ ਅੰਡਜ ਜੇਰਜ ਸੇਤਜ ਉਤਭੁਜ ਆਪੇ ਖੰਡ ਆਪੇ ਸਭ ਲੋਇ ॥ ਆਪੇ ਸੂਤੁ ਆਪੇ ਬਹੁ ਮਣੀਆ ਕਰਿ ਸਕਤੀ ਜਗਤੁ ਪਰੋਇ ॥ ਆਪੇ ਹੀ ਸੂਤਧਾਰੁ ਹੈ ਪਿਆਰਾ ਸੂਤੁ ਖਿੰਚੇ ਢਹਿ ਢੇਰੀ ਹੋਇ ॥੧॥ ਮੇਰੇ ਮਨ ਮੈ ਹਰਿ ਬਿਨੁ ਅਵਰੁ ਨ ਕੋਇ ॥ ਸਤਿਗੁਰ ਵਿਚਿ ਨਾਮੁ ਨਿਧਾਨੁ ਹੈ ਪਿਆਰਾ ਕਰਿ ਦਇਆ ਅੰਮ੍ਰਿਤੁ ਮੁਖਿ ਚੋਇ ॥ ਰਹਾਉ ॥ ਆਪੇ ਜਲ ਥਲਿ ਸਭਤੁ ਹੈ ਪਿਆਰਾ ਪ੍ਰਭੁ ਆਪੇ ਕਰੇ ਸੁ ਹੋਇ ॥ ਸਭਨਾ ਰਿਜਕੁ ਸਮਾਹਦਾ ਪਿਆਰਾ ਦੂਜਾ ਅਵਰੁ ਨ ਕੋਇ ॥ ਆਪੇ ਖੇਲ ਖੇਲਾਇਦਾ ਪਿਆਰਾ ਆਪੇ ਕਰੇ ਸੁ ਹੋਇ ॥੨॥ ਆਪੇ ਹੀ ਆਪਿ ਨਿਰਮਲਾ ਪਿਆਰਾ ਆਪੇ ਨਿਰਮਲ ਸੋਇ ॥ ਆਪੇ ਕੀਮਤਿ ਪਾਇਦਾ ਪਿਆਰਾ ਆਪੇ ਕਰੇ ਸੁ ਹੋਇ ॥ ਆਪੇ ਅਲਖੁ ਨ ਲਖੀਐ ਪਿਆਰਾ ਆਪਿ ਲਖਾਵੈ ਸੋਇ ॥੩॥ ਆਪੇ ਗਹਿਰ ਗੰਭੀਰੁ ਹੈ ਪਿਆਰਾ ਤਿਸੁ ਜੇਵਡੁ ਅਵਰੁ ਨ ਕੋਇ ॥ ਸਭਿ ਘਟ ਆਪੇ ਭੋਗਵੈ ਪਿਆਰਾ ਵਿਚਿ ਨਾਰੀ ਪੁਰਖ ਸਭੁ ਸੋਇ ॥ ਨਾਨਕ ਗੁਪਤੁ ਵਰਤਦਾ ਪਿਆਰਾ ਗੁਰਮੁਖਿ ਪਰਗਟੁ ਹੋਇ ॥੪॥੨॥ {ਪੰਨਾ 604-605}

ਨੋਟ:- ਅੰਕ ੪ ਨੂੰ 'ਚਉਥਾ' ਪੜ੍ਹਨਾ ਹੈ । ਇਹ ਹਦਾਇਤ ਵੰਨਗੀ ਵਜੋਂ ਹੈ । ਲਫ਼ਜ਼ 'ਮਹਲਾ' ਦੇ ਨਾਲ ਅੰਕ ੧, ੨, ੩, ੪ ਆਦਿਕ ਨੂੰ ਹਰ ਥਾਂ ਪਹਿਲਾ, ਦੂਜਾ, ਤੀਜਾ, ਚੌਥਾ ਆਦਿਕ ਪੜ੍ਹਨਾ ਹੈ । ਇਸ ਦਾ ਭਾਵ ਹੈ—ਗੁਰੂ ਨਾਨਕ ਪਹਿਲਾ ਸਰੀਰ, ਦੂਜਾ ਸਰੀਰ, ਤੀਜਾ ਸਰੀਰ, ਚੌਥਾ ਸਰੀਰ ਆਦਿਕ ।

ਪਦਅਰਥ:- ਆਪੇ—ਆਪ ਹੀ । ਅੰਡਜ—ਆਂਡੇ ਤੋਂ ਪੈਦਾ ਹੋਣ ਵਾਲੀ ਸ਼੍ਰੇਣੀ । ਜੇਰਜ—ਜਿਉਰ ਤੋਂ ਪੈਦਾ ਹੋਣ ਵਾਲੀ । ਸੇਤਜ—ਸ੍ਵੇਤ (ਮੁੜ੍ਹਕੇ) ਤੋਂ ਪੈਦਾ ਹੋਣ ਵਾਲੀ । ਉਤਭੁਜ—ਉੱਗਣ ਵਾਲੀ (ਬਨਸਪਤੀ) । ਖੰਡ—ਧਰਤੀ ਦੇ ਹਿੱਸੇ । ਲੋਇ—ਲੋਕ, ਭਵਨ । ਸੂਤੁ—ਧਾਗਾ । ਮਣੀਆ—ਮਣਕੇ (ਜੀਵ) । ਕਰਿ—ਕਰ ਕੇ । ਸਕਤੀ—ਤਾਕਤ । ਪਰੋਇ—ਪ੍ਰੋਂਦਾ ਹੈ । ਸੂਤਧਾਰੁ—ਧਾਗੇ ਨੂੰ ਆਪਣੇ ਹੱਥ ਵਿਚ ਫੜੀ ਰੱਖਣ ਵਾਲਾ । ਖਿੰਚੇ—ਖਿੱਚਦਾ ਹੈ । ਢਹਿ—ਢਹਿ ਕੇ ।੧।

ਨਿਧਾਨੁ—ਖ਼ਜ਼ਾਨਾ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ । ਮੁਖਿ—ਮੂੰਹ ਵਿਚ । ਚੋਇ—ਚੋਂਦਾ ਹੈ ।ਰਹਾਉ।

ਜਲ ਥਲਿ—ਜਲ ਵਿਚ ਥਲ ਵਿਚ । ਸਭਤੁ—ਹਰ ਥਾਂ । ਸਮਾਹਦਾ—ਅਪੜਾਂਦਾ ਹੈ ।੨।

ਗੰਭੀਰੁ—ਡੂੰਘੇ ਜਿਗਰੇ ਵਾਲਾ । ਤਿਸੁ ਜੇਵਡੁ—ਉਸ ਜਿਤਨਾ ਵੱਡਾ । ਸਭਿ—ਸਾਰੇ । ਗੁਰਮੁਖਿ—ਗੁਰੂ ਦੀ

ਰਾਹੀਂ ।੪।

ਅਰਥ:- ਹੇ ਮੇਰੇ ਮਨ! ਮੈਨੂੰ ਪਰਮਾਤਮਾ ਤੋਂ ਬਿਨਾ (ਕਿਤੇ ਭੀ) ਕੋਈ ਹੋਰ ਨਹੀਂ ਦਿੱਸਦਾ । ਉਸ ਪਰਮਾਤਮਾ ਦਾ ਨਾਮ-ਖ਼ਜ਼ਾਨਾ ਗੁਰੂ ਵਿਚ ਮੌਜੂਦ ਹੈ । ਗੁਰੂ ਮੇਹਰ ਕਰ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਸਿੱਖ ਦੇ) ਮੂੰਹ ਵਿਚ ਚੋਂਦਾ ਹੈ ।ਰਹਾਉ।

ਹੇ ਭਾਈ! ਪ੍ਰਭੂ ਆਪ ਹੀ (ਚਾਰੇ ਖਾਣੀਆਂ) ਅੰਡਜ ਜੇਰਜ ਸੇਤਜ ਉਤਭੁਜ ਹੈ, ਪ੍ਰਭੂ ਆਪ ਹੀ (ਧਰਤੀ ਦੇ ਨੌ) ਖੰਡ ਹੈ, ਪ੍ਰਭੂ ਆਪ ਹੀ (ਸ੍ਰਿਸ਼ਟੀ ਦੇ) ਸਾਰੇ ਭਵਨ ਹੈ । ਪ੍ਰਭੂ ਆਪ ਹੀ (ਸੱਤਿਆ-ਰੂਪ) ਧਾਗਾ ਹੈ, ਪ੍ਰਭੂ ਆਪ (ਬੇਅੰਤ ਜੀਵ ਰੂਪ) ਅਨੇਕਾਂ ਮਣਕੇ ਹੈ, ਪ੍ਰਭੂ ਆਪ ਹੀ ਆਪਣੀ ਤਾਕਤ ਬਣਾ ਕੇ ਜਗਤ ਨੂੰ (ਧਾਗੇ ਵਿਚ) ਪ੍ਰੋਂਦਾ ਹੈ । ਪ੍ਰਭੂ ਆਪ ਹੀ ਧਾਗੇ ਨੂੰ ਆਪਣੇ ਹੱਥ ਵਿਚ ਫੜ ਰੱਖਣ ਵਾਲਾ ਹੈ । ਜਦੋਂ ਉਹ (ਜਗਤ ਵਿਚੋਂ) ਧਾਗੇ ਨੂੰ ਖਿੱਚ ਲੈਂਦਾ ਹੈ, ਤਦੋਂ (ਜਗਤ) ਢਹਿ ਕੇ ਢੇਰੀ ਹੋ ਜਾਂਦਾ ਹੈ (ਜਗਤ-ਰਚਨਾ ਮੁੱਕ ਜਾਂਦੀ ਹੈ) ।੧।

ਹੇ ਭਾਈ! ਪ੍ਰਭੂ ਆਪ ਹੀ ਪਾਣੀ ਵਿਚ ਧਰਤੀ ਵਿਚ ਹਰ ਥਾਂ ਮੌਜੂਦ ਹੈ । ਪ੍ਰਭੂ ਆਪ ਹੀ ਜੋ ਕੁਝ ਕਰਦਾ ਹੈ ਉਹ (ਜਗਤ ਵਿਚ) ਵਾਪਰਦਾ ਹੈ । ਪ੍ਰਭੂ ਆਪ ਹੀ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ (ਰਿਜ਼ਕ ਅਪੜਾਣ ਵਾਲਾ) ਉਸ ਤੋਂ ਬਿਨਾ ਕੋਈ ਹੋਰ ਨਹੀਂ ਹੈ । ਪ੍ਰਭੂ ਆਪ ਹੀ (ਜਗਤ ਦੇ ਸਾਰੇ) ਖੇਡ ਖਿਡਾ ਰਿਹਾ ਹੈ, ਉਹ ਆਪ ਹੀ ਜੋ ਕੁਝ ਕਰਦਾ ਹੈ ਉਹੀ ਹੁੰਦਾ ਹੈ ।੨।

ਹੇ ਭਾਈ! ਪਵਿਤ੍ਰ ਪ੍ਰਭੂ (ਹਰ ਥਾਂ) ਆਪ ਹੀ ਆਪ ਹੈ, ਉਹ ਆਪ ਹੀ ਪਵਿਤ੍ਰ ਸੋਭਾ ਦਾ ਮਾਲਕ ਹੈ । ਪ੍ਰਭੂ ਆਪ ਹੀ ਆਪਣਾ ਮੁੱਲ ਪਾ ਸਕਣ ਵਾਲਾ ਹੈ, ਜੋ ਕੁਝ ਉਹ ਆਪ ਹੀ ਕਰਦਾ ਹੈ ਉਹੀ ਹੁੰਦਾ ਹੈ । ਪ੍ਰਭੂ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਅਦ੍ਰਿਸ਼ਟ ਹੈ । ਆਪਣੇ ਸਰੂਪ ਦੀ ਸਮਝ ਉਹ ਆਪ ਹੀ ਦੇਣ ਵਾਲਾ ਹੈ ।੩।

ਹੇ ਭਾਈ! ਪ੍ਰਭੂ ਹੀ (ਮਾਨੋ, ਇਕ) ਬੇਅੰਤ ਡੂੰਘਾ (ਸਮੁੰਦਰ) ਹੈ । ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ । ਸਾਰੇ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ ਸਾਰੇ ਭੋਗ ਭੋਗਦਾ ਹੈ, ਹਰੇਕ ਇਸਤ੍ਰੀ ਪੁਰਖ ਵਿਚ ਹਰ ਥਾਂ ਉਹ ਆਪ ਹੀ ਆਪ ਹੈ । ਹੇ ਨਾਨਕ! ਉਹ ਪ੍ਰਭੂ ਸਾਰੇ ਜਗਤ ਵਿਚ ਲੁਕਿਆ ਹੋਇਆ ਮੌਜੂਦ ਹੈ । ਗੁਰੂ ਦੀ ਸਰਨ ਪਿਆਂ ਉਸ ਦੀ ਸਰਬ-ਵਿਆਪਕਤਾ ਦਾ ਪਰਕਾਸ਼ ਹੁੰਦਾ ਹੈ ।੪।੨।

ਸੋਰਠਿ ਮਹਲਾ ੪ ॥ ਆਪੇ ਹੀ ਸਭੁ ਆਪਿ ਹੈ ਪਿਆਰਾ ਆਪੇ ਥਾਪਿ ਉਥਾਪੈ ॥ ਆਪੇ ਵੇਖਿ ਵਿਗਸਦਾ ਪਿਆਰਾ ਕਰਿ ਚੋਜ ਵੇਖੈ ਪ੍ਰਭੁ ਆਪੈ ॥ ਆਪੇ ਵਣਿ ਤਿਣਿ ਸਭਤੁ ਹੈ ਪਿਆਰਾ ਆਪੇ ਗੁਰਮੁਖਿ ਜਾਪੈ ॥੧॥ ਜਪਿ ਮਨ ਹਰਿ ਹਰਿ ਨਾਮ ਰਸਿ ਧ੍ਰਾਪੈ ॥ ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰ ਸਬਦੀ ਚਖਿ ਜਾਪੈ ॥ ਰਹਾਉ ॥ ਆਪੇ ਤੀਰਥੁ ਤੁਲਹੜਾ ਪਿਆਰਾ ਆਪਿ ਤਰੈ ਪ੍ਰਭੁ ਆਪੈ ॥ ਆਪੇ ਜਾਲੁ ਵਤਾਇਦਾ ਪਿਆਰਾ ਸਭੁ ਜਗੁ ਮਛੁਲੀ ਹਰਿ ਆਪੈ ॥ ਆਪਿ ਅਭੁਲੁ ਨ ਭੁਲਈ ਪਿਆਰਾ ਅਵਰੁ ਨ ਦੂਜਾ ਜਾਪੈ ॥੨॥ ਆਪੇ ਸਿੰਙੀ ਨਾਦੁ ਹੈ ਪਿਆਰਾ ਧੁਨਿ ਆਪਿ ਵਜਾਏ ਆਪੈ ॥ ਆਪੇ ਜੋਗੀ ਪੁਰਖੁ ਹੈ ਪਿਆਰਾ ਆਪੇ ਹੀ ਤਪੁ ਤਾਪੈ ॥ ਆਪੇ ਸਤਿਗੁਰੁ ਆਪਿ ਹੈ ਚੇਲਾ ਉਪਦੇਸੁ ਕਰੈ ਪ੍ਰਭੁ ਆਪੈ ॥੩॥ ਆਪੇ ਨਾਉ ਜਪਾਇਦਾ ਪਿਆਰਾ ਆਪੇ ਹੀ ਜਪੁ ਜਾਪੈ ॥ ਆਪੇ

ਅੰਮ੍ਰਿਤੁ ਆਪਿ ਹੈ ਪਿਆਰਾ ਆਪੇ ਹੀ ਰਸੁ ਆਪੈ ॥ ਆਪੇ ਆਪਿ ਸਲਾਹਦਾ ਪਿਆਰਾ ਜਨ ਨਾਨਕ ਹਰਿ ਰਸਿ ਧ੍ਰਾਪੈ ॥੪॥੩॥ {ਪੰਨਾ 605}

ਪਦਅਰਥ:- ਸਭੁ—ਹਰ ਥਾਂ । ਥਾਪਿ—ਪੈਦਾ ਕਰ ਕੇ । ਉਥਾਪੈ—ਨਾਸ ਕਰਦਾ ਹੈ । ਵੇਖਿ—ਵੇਖ ਕੇ । ਵਿਗਸਦਾ—ਖ਼ੁਸ਼ ਹੁੰਦਾ ਹੈ । ਕਰਿ—ਕਰ ਕੇ । ਚੋਜ—ਤਮਾਸ਼ੇ । ਆਪੈ—ਆਪਣੇ ਆਪ ਨੂੰ । ਵਣਿ—ਵਣ ਵਿਚ । ਤਿਣਿ—ਤ੍ਰਿਣ ਵਿਚ । ਸਭਤੁ—ਹਰ ਥਾਂ । ਗੁਰਮੁਖਿ—ਗੁਰੂ ਦੀ ਰਾਹੀਂ । ਜਾਪੈ—ਦਿੱਸਦਾ ਹੈ ।੧।

ਰਸਿ—ਰਸ ਨਾਲ । ਧ੍ਰਾਪੈ—ਰੱਜ ਜਾਂਦਾ ਹੈ । ਚਖਿ—ਚੱਖ ਕੇ । ਜਾਪੈ—ਮਲੂਮ ਹੁੰਦਾ ਹੈ ।ਰਹਾਉ।

ਆਪੇ—ਆਪ ਹੀ । ਤੀਰਥੁ—ਦਰਿਆ ਦਾ ਕੰਢਾ । ਤੁਲਹੜਾ—ਦਰਿਆ ਤੋਂ ਪਾਰ ਲੰਘਣ ਲਈ ਲੱਕੜ-ਬੰਨ੍ਹ ਕੇ ਬਣਾਇਆ ਹੋਇਆ ਗੱਠਾ । ਵਤਾਇਦਾ—ਖਿਲਾਰਦਾ ਹੈ ।੨।

ਨਾਦੁ—(ਸਿੰਙੀ ਦੀ) ਆਵਾਜ਼ । ਧੁਨਿ—ਸੁਰ । ਤਾਪੈ—ਤਪਦਾ ਹੈ ।੩।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਰਸੁ—ਸੁਆਦ । ਰਸਿ—ਰਸ ਨਾਲ । ਧ੍ਰਾਪੈ—ਰੱਜਦਾ ਹੈ ।੪।

ਅਰਥ:- ਹੇ ਮੇਰੇ ਮਨ! ਸਦਾ ਪਰਮਾਤਮਾ (ਦੇ ਨਾਮ) ਨੂੰ ਜਪਿਆ ਕਰ, (ਜੇਹੜਾ ਮਨੁੱਖ ਜਪਦਾ ਹੈ ਉਹ) ਨਾਮ ਦੇ ਰਸ ਨਾਲ (ਮਾਇਆ ਵਲੋਂ) ਰੱਜ ਜਾਂਦਾ ਹੈ । ਹੇ ਮਨ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਬਹੁਤ ਸੁਆਦਲਾ ਹੈ, ਬਹੁਤ ਮਿੱਠਾ ਹੈ । ਗੁਰੂ ਦੇ ਸ਼ਬਦ ਦੀ ਰਾਹੀਂ ਚੱਖ ਕੇ ਹੀ ਪਤਾ ਲੱਗਦਾ ਹੈ ।ਰਹਾਉ।

ਹੇ ਭਾਈ! ਹਰ ਥਾਂ ਪ੍ਰਭੂ ਆਪ ਹੀ ਆਪ ਹੈ, ਆਪ ਹੀ (ਜਗਤ ਨੂੰ) ਪੈਦਾ ਕਰ ਕੇ ਆਪ ਹੀ ਨਾਸ ਕਰ ਦੇਂਦਾ ਹੈ । ਪ੍ਰਭੂ ਆਪ ਹੀ (ਜਗਤ-ਰਚਨਾ ਨੂੰ) ਵੇਖ ਕੇ ਖ਼ੁਸ਼ ਹੁੰਦਾ ਹੈ, ਕੌਤਕ-ਤਮਾਸ਼ੇ ਰਚ ਕੇ ਆਪ ਹੀ ਵੇਖਦਾ ਹੈ, ਆਪਣੇ ਆਪ ਨੂੰ ਹੀ ਵੇਖਦਾ ਹੈ । ਪ੍ਰਭੂ ਆਪ ਹੀ (ਹਰੇਕ) ਵਣ ਵਿਚ (ਹਰੇਕ) ਤੀਲੇ ਵਿਚ ਹਰ ਥਾਂ ਮੌਜੂਦ ਹੈ । ਗੁਰੂ ਦੀ ਸ਼ਰਨ ਪਿਆਂ ਉਹ ਪ੍ਰਭੂ ਦਿੱਸ ਪੈਂਦਾ ਹੈ ।੧।

ਹੇ ਭਾਈ! ਪ੍ਰਭੂ ਆਪ ਹੀ ਦਰਿਆ ਦਾ ਕੰਢਾ ਹੈ, ਆਪ ਹੀ (ਦਰਿਆ ਤੋਂ ਲੰਘਣ ਲਈ) ਤੁਲਹਾ ਹੈ, ਆਪ ਹੀ (ਦਰਿਆ ਤੋਂ) ਪਾਰ ਲੰਘਦਾ ਹੈ, ਆਪਣੇ ਆਪ ਨੂੰ ਹੀ ਲੰਘਾਂਦਾ ਹੈ । ਪ੍ਰਭੂ ਆਪ ਹੀ (ਮਾਇਆ ਦਾ) ਜਾਲ ਵਿਛਾਂਦਾ ਹੈ (ਉਹ ਜਾਲ ਵਿਚ ਫਸਣ ਵਾਲਾ) ਸਾਰਾ ਜਗਤ-ਮਛਲੀ ਆਪਣੇ ਆਪ ਨੂੰ ਹੀ ਬਣਾਂਦਾ ਹੈ । (ਫਿਰ ਭੀ ਉਹ) ਆਪ ਭੁੱਲਣ ਵਾਲਾ ਨਹੀਂ ਹੈ, ਉਹ ਕਦੇ (ਮਾਇਆ-ਜਾਲ ਵਿਚ ਫਸਣ ਵਾਲੀ) ਭੁੱਲ ਨਹੀਂ ਕਰਦਾ । ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਦਿੱਸਦਾ ।੨।

ਹੇ ਭਾਈ! ਪ੍ਰਭੂ ਆਪ ਹੀ (ਜੋਗੀ ਦੀ ਵਜਾਣ ਵਾਲੀ) ਸਿੰਙੀ ਹੈ, ਆਪ ਹੀ (ਉਸ ਵੱਜਦੀ ਸਿੰਙੀ ਦੀ) ਆਵਾਜ਼ ਹੈ, ਆਪ ਹੀ (ਸਿੰਙੀ ਦੀ) ਸੁਰ ਵਜਾਂਦਾ ਹੈ, ਆਪਣੇ ਆਪ ਨੂੰ ਹੀ ਵਜਾਂਦਾ ਹੈ । ਉਹ ਸਰਬ-ਵਿਆਪਕ ਪ੍ਰਭੂ ਆਪ ਹੀ ਜੋਗੀ ਹੈ, ਆਪ ਹੀ (ਧੂਣੀਆਂ ਆਦਿਕ ਨਾਲ) ਤਪ ਤਪਦਾ ਹੈ । ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਆਪ ਹੀ ਆਪਣੇ ਆਪ ਨੂੰ ਉਪਦੇਸ਼ ਕਰਦਾ ਹੈ ।੩।

ਹੇ ਭਾਈ! ਪ੍ਰਭੂ ਆਪ ਹੀ (ਜੀਵਾਂ ਪਾਸੋਂ ਆਪਣਾ) ਨਾਮ ਜਪਾਂਦਾ ਹੈ (ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ ਆਪਣਾ ਨਾਮ ਜਪਦਾ ਹੈ । ਆਪ ਹੀ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹੈ, ਆਪ ਹੀ ਉਸ ਨਾਮ-ਰਸ ਨੂੰ ਪੀਂਦਾ ਹੈ, ਆਪਣੇ ਆਪ ਨੂੰ ਪੀਂਦਾ ਹੈ । ਹੇ ਦਾਸ ਨਾਨਕ! ਪ੍ਰਭੂ ਆਪ ਹੀ ਆਪਣੀ ਸਿਫ਼ਤਿ-ਸਾਲਾਹ ਕਰਦਾ ਹੈ, ਆਪ ਹੀ ਆਪਣੇ ਨਾਮ-ਰਸ ਨਾਲ ਰੱਜਦਾ ਹੈ ।੪।੩।

ਸੋਰਠਿ ਮਹਲਾ ੪ ॥ ਆਪੇ ਕੰਡਾ ਆਪਿ ਤਰਾਜੀ ਪ੍ਰਭਿ ਆਪੇ ਤੋਲਿ ਤੋਲਾਇਆ ॥ ਆਪੇ ਸਾਹੁ ਆਪੇ ਵਣਜਾਰਾ ਆਪੇ ਵਣਜੁ ਕਰਾਇਆ ॥ ਆਪੇ ਧਰਤੀ ਸਾਜੀਅਨੁ ਪਿਆਰੈ ਪਿਛੈ ਟੰਕੁ ਚੜਾਇਆ ॥੧॥ ਮੇਰੇ ਮਨ ਹਰਿ ਹਰਿ ਧਿਆਇ ਸੁਖੁ ਪਾਇਆ ॥ ਹਰਿ ਹਰਿ ਨਾਮੁ ਨਿਧਾਨੁ ਹੈ ਪਿਆਰਾ ਗੁਰਿ ਪੂਰੈ ਮੀਠਾ ਲਾਇਆ ॥ ਰਹਾਉ ॥ ਆਪੇ ਧਰਤੀ ਆਪਿ ਜਲੁ ਪਿਆਰਾ ਆਪੇ ਕਰੇ ਕਰਾਇਆ ॥ ਆਪੇ ਹੁਕਮਿ ਵਰਤਦਾ ਪਿਆਰਾ ਜਲੁ ਮਾਟੀ ਬੰਧਿ ਰਖਾਇਆ ॥ ਆਪੇ ਹੀ ਭਉ ਪਾਇਦਾ ਪਿਆਰਾ ਬੰਨਿ ਬਕਰੀ ਸੀਹੁ ਹਢਾਇਆ ॥੨॥ ਆਪੇ ਕਾਸਟ ਆਪਿ ਹਰਿ ਪਿਆਰਾ ਵਿਚਿ ਕਾਸਟ ਅਗਨਿ ਰਖਾਇਆ ॥ ਆਪੇ ਹੀ ਆਪਿ ਵਰਤਦਾ ਪਿਆਰਾ ਭੈ ਅਗਨਿ ਨ ਸਕੈ ਜਲਾਇਆ ॥ ਆਪੇ ਮਾਰਿ ਜੀਵਾਇਦਾ ਪਿਆਰਾ ਸਾਹ ਲੈਦੇ ਸਭਿ ਲਵਾਇਆ ॥੩॥ ਆਪੇ ਤਾਣੁ ਦੀਬਾਣੁ ਹੈ ਪਿਆਰਾ ਆਪੇ ਕਾਰੈ ਲਾਇਆ ॥ ਜਿਉ ਆਪਿ ਚਲਾਏ ਤਿਉ ਚਲੀਐ ਪਿਆਰੇ ਜਿਉ ਹਰਿ ਪ੍ਰਭ ਮੇਰੇ ਭਾਇਆ ॥ ਆਪੇ ਜੰਤੀ ਜੰਤੁ ਹੈ ਪਿਆਰਾ ਜਨ ਨਾਨਕ ਵਜਹਿ ਵਜਾਇਆ ॥੪॥੪॥ {ਪੰਨਾ 605-606}

ਪਦਅਰਥ:- ਕੰਡਾ—ਤਰਾਜ਼ੂ ਦੀ ਉਪਰਲੀ ਵਿਚਕਾਰਲੀ ਸੂਈ । ਤਰਾਜੀ—ਤਰਾਜ਼ੂ, ਤੱਕੜੀ । ਪ੍ਰਭਿ—ਪ੍ਰਭੂ ਨੇ । ਤੋਲਿ—ਤੋਲ ਨਾਲ, ਵੱਟੇ ਨਾਲ । ਸਾਹੁ—ਸ਼ਾਹ, ਸਾਹੂਕਾਰ । ਸਾਜੀਅਨੁ—ਉਸ (ਪ੍ਰਭੂ) ਨੇ ਸਾਜੀ ਹੈ । ਪਿਆਰੈ—ਪਿਆਰੇ (ਪ੍ਰਭੂ) ਨੇ । ਪਿਛੈ—ਤਕੜੀ ਦੇ ਪਿਛਲੇ ਛਾਬੇ ਵਿਚ । ਟੰਕੁ—ਚਾਰ ਮਾਸੇ ਦਾ ਵੱਟਾ ।੧।

ਮਨ—ਹੇ ਮਨ! ਨਿਧਾਨੁ—ਖ਼ਜ਼ਾਨਾ । ਗੁਰਿ ਪੂਰੈ—ਪੂਰੇ ਗੁਰੂ ਨੇ ।ਰਹਾਉ।

ਆਪੇ—ਆਪ ਹੀ । ਹੁਕਮਿ—ਹੁਕਮ ਦੀ ਰਾਹੀਂ । ਵਰਤਦਾ—ਮੌਜੂਦ ਹੈ । ਬੰਧਿ—ਬੰਨ੍ਹ ਕੇ । ਭਉ—ਡਰ । ਬੰਨਿ—ਬੰਨ੍ਹ ਕੇ । ਸੀਹੁ—ਸ਼ੇਰ (ਨੂੰ) । ਹਢਾਇਆ—ਫਿਰਾ ਰਿਹਾ ਹੈ ।੨।

ਕਾਸਟ—ਕਾਠ, ਲੱਕੜ । ਭੈ—ਡਰ ਦੇ ਕਾਰਨ । ਅਗਨਿ—ਅੱਗ । ਮਾਰਿ—ਮਾਰ ਕੇ । ਸਭਿ—ਸਾਰੇ ।੪।

ਤਾਣੁ—ਤਾਕਤ । ਦੀਬਾਣੁ—ਦਰਬਾਰ ਲਾਣ ਵਾਲਾ, ਹਾਕਮ । ਕਾਰੈ—ਕਾਰ ਵਿਚ । ਚਲੀਐ—ਚੱਲ ਸਕੀਦਾ ਹੈ । ਪਿਆਰੇ—ਹੇ ਪਿਆਰੇ (ਭਾਈ)! ਪ੍ਰਭ ਭਾਇਆ—ਪ੍ਰਭੂ ਨੂੰ ਚੰਗਾ ਲੱਗਦਾ ਹੈ । ਜੰਤੀ—ਵਾਜਾ ਵਜਾਣ ਵਾਲਾ । ਜੰਤੁ—ਵਾਜਾ । ਵਜਹਿ—ਵੱਜਦੇ ਹਨ ।੪।

ਅਰਥ:- ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਸਿਮਰਨ ਕਰ, (ਜਿਸ ਕਿਸੇ ਨੇ ਸਿਮਰਿਆ ਹੈ, ਉਸ ਨੇ) ਸੁਖ ਪਾਇਆ ਹੈ । ਹੇ ਭਾਈ! ਪਰਮਾਤਮਾ ਦਾ ਨਾਮ (ਸਾਰੇ) ਸੁਖਾਂ ਦਾ ਖ਼ਜ਼ਾਨਾ ਹੈ (ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪਿਆ ਹੈ) ਪੂਰੇ ਗੁਰੂ ਨੇ ਉਸ ਨੂੰ ਪਰਮਾਤਮਾ ਦਾ ਨਾਮ ਮਿੱਠਾ ਅਨੁਭਵ ਕਰਾ ਦਿੱਤਾ ਹੈ ।ਰਹਾਉ।

ਹੇ ਭਾਈ! ਪ੍ਰਭੂ ਨੇ ਆਪ ਹੀ ਧਰਤੀ ਪੈਦਾ ਕੀਤੀ ਹੋਈ ਹੈ (ਆਪਣੀ ਮਰਯਾਦਾ ਰੂਪ ਤੱਕੜੀ ਦੇ) ਪਿਛਲੇ ਛਾਬੇ ਵਿਚ ਚਾਰ ਮਾਸੇ ਦਾ ਵੱਟਾ ਰੱਖ ਕੇ (ਪ੍ਰਭੂ ਨੇ ਆਪ ਹੀ ਇਸ ਸ੍ਰਿਸ਼ਟੀ ਨੂੰ ਆਪਣੀ ਮਰਯਾਦਾ ਵਿਚ ਰੱਖਿਆ ਹੋਇਆ ਹੈ । ਇਹ ਕੰਮ ਉਸ ਪ੍ਰਭੂ ਵਾਸਤੇ ਬਹੁਤ ਸਾਧਾਰਨ ਤੇ ਸੌਖਾ ਜਿਹਾ ਹੈ) । ਉਹ ਤੱਕੜੀ ਭੀ ਪ੍ਰਭੂ ਆਪ ਹੀ ਹੈ, ਉਸ ਤੱਕੜੀ ਦੀ ਸੂਈ (ਬੋਦੀ) ਭੀ ਪ੍ਰਭੂ ਆਪ ਹੀ ਹੈ, ਪ੍ਰਭੂ ਨੇ ਆਪ ਹੀ ਵੱਟੇ ਨਾਲ (ਇਸ ਸ੍ਰਿਸ਼ਟੀ ਨੂੰ) ਤੋਲਿਆ ਹੋਇਆ ਹੈ (ਆਪਣੇ ਹੁਕਮ ਵਿਚ ਰੱਖਿਆ ਹੋਇਆ ਹੈ) । ਪ੍ਰਭੂ ਆਪ ਹੀ (ਇਸ ਧਰਤੀ ਉਤੇ ਵਣਜ ਕਰਨ ਵਾਲਾ) ਸ਼ਾਹਕਾਰ ਹੈ, ਆਪ ਹੀ (ਜੀਵ-ਰੂਪ ਹੋ ਕੇ) ਵਣਜ ਕਰਨ ਵਾਲਾ ਹੈ, ਆਪ ਹੀ ਵਣਜ ਕਰ ਰਿਹਾ

ਹੈ ।੧।

ਹੇ ਭਾਈ! ਪ੍ਰਭੂ ਪਿਆਰਾ ਆਪ ਹੀ ਧਰਤੀ ਪੈਦਾ ਕਰਨ ਵਾਲਾ ਹੈ, ਆਪ ਹੀ ਪਾਣੀ ਪੈਦਾ ਕਰਨ ਵਾਲਾ ਹੈ, ਆਪ ਹੀ ਸਭ ਕੁਝ ਕਰਦਾ ਹੈ ਆਪ ਹੀ (ਜੀਵਾਂ ਪਾਸੋਂ ਸਭ ਕੁਝ) ਕਰਾਂਦਾ ਹੈ । ਆਪ ਹੀ ਆਪਣੇ ਹੁਕਮ ਅਨੁਸਾਰ ਹਰ ਥਾਂ ਕਾਰ ਚਲਾ ਰਿਹਾ ਹੈ, ਪਾਣੀ ਨੂੰ ਮਿੱਟੀ ਨਾਲ (ਉਸ ਨੇ ਆਪਣੇ ਹੁਕਮ ਵਿਚ ਹੀ) ਬੰਨ੍ਹ ਰੱਖਿਆ ਹੈ (ਪਾਣੀ ਮਿੱਟੀ ਨੂੰ ਰੋੜ੍ਹ ਨਹੀਂ ਸਕਦਾ, ਪਾਣੀ ਵਿਚ ਉਸ ਨੇ) ਆਪ ਹੀ ਆਪਣਾ ਡਰ ਪਾ ਰੱਖਿਆ ਹੈ, (ਮਾਨੋ) ਬੱਕਰੀ ਸ਼ੇਰ ਨੂੰ ਬੰਨ੍ਹ ਕੇ ਫਿਰਾ ਰਹੀ ਹੈ ।੨।

ਹੇ ਭਾਈ! ਪ੍ਰਭੂ ਆਪ ਹੀ ਲੱਕੜੀ (ਪੈਦਾ ਕਰਨ ਵਾਲਾ) ਹੈ, (ਆਪ ਹੀ ਅੱਗ ਬਣਾਣ ਵਾਲਾ ਹੈ) ਲੱਕੜੀ ਵਿਚ ਉਸ ਨੇ ਆਪ ਹੀ ਅੱਗ ਟਿਕਾ ਰੱਖੀ ਹੈ । ਪ੍ਰਭੂ ਪਿਆਰਾ ਆਪ ਹੀ ਆਪਣਾ ਹੁਕਮ ਵਰਤਾ ਰਿਹਾ ਹੈ (ਉਸ ਦੇ ਹੁਕਮ ਵਿਚ) ਅੱਗ (ਲੱਕੜ ਨੂੰ) ਸਾੜ ਨਹੀਂ ਸਕਦੀ । ਪ੍ਰਭੂ ਆਪ ਹੀ ਮਾਰ ਕੇ ਜੀਵਾਲਣ ਵਾਲਾ ਹੈ । ਸਾਰੇ ਜੀਵ ਉਸ ਦੇ ਪ੍ਰੇਰੇ ਹੋਏ ਹੀ ਸਾਹ ਲੈ ਰਹੇ ਹਨ ।੩।

ਹੇ ਭਾਈ! ਪ੍ਰਭੂ ਆਪ ਹੀ ਤਾਕਤ ਹੈ, ਆਪ ਹੀ (ਤਾਕਤ ਵਰਤਣ ਵਾਲਾ) ਹਾਕਮ ਹੈ, (ਸਾਰੇ ਜਗਤ ਨੂੰ ਉਸ ਨੇ) ਆਪ ਹੀ ਕਾਰ ਵਿਚ ਲਾਇਆ ਹੋਇਆ ਹੈ । ਹੇ ਪਿਆਰੇ ਸੱਜਣ! ਜਿਵੇਂ ਪ੍ਰਭੂ ਆਪ ਜੀਵਾਂ ਨੂੰ ਤੋਰਦਾ ਹੈ, ਜਿਵੇਂ ਮੇਰੇ ਹਰੀ-ਪ੍ਰਭੂ ਨੂੰ ਭਾਉਂਦਾ ਹੈ, ਤਿਵੇਂ ਹੀ ਚੱਲ ਸਕੀਦਾ ਹੈ । ਹੇ ਦਾਸ ਨਾਨਕ! ਪ੍ਰਭੂ ਆਪ ਹੀ (ਜੀਵ-) ਵਾਜਾ (ਬਣਾਣ ਵਾਲਾ) ਹੈ, ਆਪ ਵਾਜਾ ਵਜਾਣ ਵਾਲਾ ਹੈ, ਸਾਰੇ ਜੀਵ-ਵਾਜੇ ਉਸੇ ਦੇ ਵਜਾਏ ਵੱਜ ਰਹੇ ਹਨ ।੪।੪।

ਸੋਰਠਿ ਮਹਲਾ ੪ ॥ ਆਪੇ ਸ੍ਰਿਸਟਿ ਉਪਾਇਦਾ ਪਿਆਰਾ ਕਰਿ ਸੂਰਜੁ ਚੰਦੁ ਚਾਨਾਣੁ ॥ ਆਪਿ ਨਿਤਾਣਿਆ ਤਾਣੁ ਹੈ ਪਿਆਰਾ ਆਪਿ ਨਿਮਾਣਿਆ ਮਾਣੁ ॥ ਆਪਿ ਦਇਆ ਕਰਿ ਰਖਦਾ ਪਿਆਰਾ ਆਪੇ ਸੁਘੜੁ ਸੁਜਾਣੁ ॥੧॥ ਮੇਰੇ ਮਨ ਜਪਿ ਰਾਮ ਨਾਮੁ ਨੀਸਾਣੁ ॥ ਸਤਸੰਗਤਿ ਮਿਲਿ ਧਿਆਇ ਤੂ ਹਰਿ ਹਰਿ ਬਹੁੜਿ ਨ ਆਵਣ ਜਾਣੁ ॥ ਰਹਾਉ ॥ ਆਪੇ ਹੀ ਗੁਣ ਵਰਤਦਾ ਪਿਆਰਾ ਆਪੇ ਹੀ ਪਰਵਾਣੁ ॥ ਆਪੇ ਬਖਸ ਕਰਾਇਦਾ ਪਿਆਰਾ ਆਪੇ ਸਚੁ ਨੀਸਾਣੁ ॥ ਆਪੇ ਹੁਕਮਿ ਵਰਤਦਾ ਪਿਆਰਾ ਆਪੇ ਹੀ ਫੁਰਮਾਣੁ ॥੨॥ ਆਪੇ ਭਗਤਿ ਭੰਡਾਰ ਹੈ ਪਿਆਰਾ ਆਪੇ ਦੇਵੈ ਦਾਣੁ ॥ ਆਪੇ ਸੇਵ ਕਰਾਇਦਾ ਪਿਆਰਾ ਆਪਿ ਦਿਵਾਵੈ ਮਾਣੁ ॥ ਆਪੇ ਤਾੜੀ ਲਾਇਦਾ ਪਿਆਰਾ ਆਪੇ ਗੁਣੀ ਨਿਧਾਨੁ ॥੩॥ ਆਪੇ ਵਡਾ ਆਪਿ ਹੈ ਪਿਆਰਾ ਆਪੇ ਹੀ ਪਰਧਾਣੁ ॥ ਆਪੇ ਕੀਮਤਿ ਪਾਇਦਾ ਪਿਆਰਾ ਆਪੇ ਤੁਲੁ ਪਰਵਾਣੁ ॥ ਆਪੇ ਅਤੁਲੁ ਤੁਲਾਇਦਾ ਪਿਆਰਾ ਜਨ ਨਾਨਕ ਸਦ ਕੁਰਬਾਣੁ ॥੪॥੫॥ {ਪੰਨਾ 606}

ਪਦਅਰਥ:- ਕਰਿ—ਕਰ ਕੇ, ਬਣਾ ਕੇ । ਚਾਨਾਣੁ—ਚਨਾਣ । ਤਾਣੁ—ਸਹਾਰਾ, ਆਸਰਾ । ਸੁਘੜੁ—ਸੁਚੱਜੀ ਆਤਮਕ ਘਾੜਤ ਵਾਲਾ । ਸੁਜਾਣੁ—ਸਿਆਣਾ, ਸਭ ਦੇ ਦਿਲ ਦੀ ਜਾਣਨ ਵਾਲਾ ।੧।

ਨੀਸਾਣੁ—ਜੀਵਨ-ਸਫ਼ਰ ਵਿਚ ਰਾਹਦਾਰੀ ।ਰਹਾਉ।

ਵਰਤਦਾ—ਵੰਡਦਾ । ਪਰਵਾਣੁ—ਕਬੂਲ (ਕਰਦਾ ਹੈ) । ਬਖਸ—ਬਖ਼ਸ਼ਸ਼ । ਸਚੁ—ਸਦਾ ਕਾਇਮ ਰਹਿਣ ਵਾਲਾ । ਨੀਸਾਣੁ—ਨਿਸ਼ਾਨ, ਝੰਡਾ, ਚਾਨਣ-ਮੁਨਾਰਾ । ਹੁਕਮਿ—ਹੁਕਮ ਅਨੁਸਾਰ । ਫੁਰਮਾਣੁ—ਹੁਕਮ ।੨।

ਭੰਡਾਰ—ਖ਼ਜ਼ਾਨੇ । ਦਾਣੁ—ਦਾਨ, ਬਖ਼ਸ਼ੀਸ਼ । ਮਾਣੁ—ਆਦਰ । ਤਾੜੀ—ਸਮਾਧੀ । ਗੁਣੀ ਨਿਧਾਨੁ—ਗੁਣਾਂ ਦਾ ਖ਼ਜ਼ਾਨਾ ।੩।

ਪਰਧਾਣੁ—ਮੰਨਿਆ-ਪ੍ਰਮੰਨਿਆ । ਤੁਲੁ—ਤਰਾਜ਼ੂ । ਪਰਵਾਣੁ—ਵੱਟਾ ।੪।

ਅਰਥ:- ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਿਮਰਿਆ ਕਰ । (ਨਾਮ ਹੀ ਜੀਵਨ-ਸਫ਼ਰ ਵਾਸਤੇ) ਰਾਹਦਾਰੀ ਹੈ । ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ ਤੂੰ ਪਰਮਾਤਮਾ ਦਾ ਧਿਆਨ ਧਰਿਆ ਕਰ, (ਧਿਆਨ ਦੀ ਬਰਕਤਿ ਨਾਲ) ਮੁੜ ਜਨਮ ਮਰਨ ਦਾ ਗੇੜ ਨਹੀਂ ਰਹੇਗਾ ।ਰਹਾਉ।

ਹੇ ਭਾਈ! ਉਹ ਪਿਆਰਾ ਪ੍ਰਭੂ ਆਪ ਹੀ ਸ੍ਰਿਸ਼ਟੀ ਪੈਦਾ ਕਰਦਾ ਹੈ, ਤੇ (ਸ੍ਰਿਸ਼ਟੀ ਨੂੰ) ਸੂਰਜ ਚੰਦ ਚਾਨਣ ਕਰਨ ਲਈ ਬਣਾਂਦਾ ਹੈ । ਪ੍ਰਭੂ ਆਪ ਹੀ ਨਿਆਸਰਿਆਂ ਦਾ ਆਸਰਾ ਹੈ, ਜਿਨ੍ਹਾਂ ਨੂੰ ਕੋਈ ਆਦਰ-ਮਾਣ ਨਹੀਂ ਦੇਂਦਾ ਉਹਨਾਂ ਨੂੰ ਆਦਰ-ਮਾਣ ਦੇਣ ਵਾਲਾ ਹੈ । ਉਹ ਪਿਆਰਾ ਪ੍ਰਭੂ ਸੋਹਣੀ ਆਤਮਕ ਘਾੜਤ ਵਾਲਾ ਹੈ, ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਉਹ ਮੇਹਰ ਕਰ ਕੇ ਆਪ ਸਭ ਦੀ ਰਖਿਆ ਕਰਦਾ ਹੈ ।੧।

ਹੇ ਭਾਈ! ਉਹ ਪਿਆਰਾ ਪ੍ਰਭੂ ਆਪ ਹੀ (ਜੀਵਾਂ ਨੂੰ ਆਪਣੇ) ਗੁਣਾਂ ਦੀ ਦਾਤਿ ਦੇਂਦਾ ਹੈ, ਆਪ ਹੀ ਜੀਵਾਂ ਨੂੰ ਆਪਣੀ ਹਜ਼ੂਰੀ ਵਿਚ ਕਬੂਲ ਕਰਦਾ ਹੈ । ਪ੍ਰਭੂ ਆਪ ਹੀ ਸਭ ਉਤੇ ਬਖ਼ਸ਼ਸ਼ ਕਰਦਾ ਹੈ, ਉਹ ਆਪ ਹੀ (ਜੀਵਾਂ ਵਾਸਤੇ) ਸਦਾ ਕਾਇਮ ਰਹਿਣ ਵਾਲਾ ਚਾਨਣ-ਮੁਨਾਰਾ ਹੈ । ਉਹ ਪਿਆਰਾ ਪ੍ਰਭੂ ਆਪ ਹੀ (ਜੀਵਾਂ ਨੂੰ) ਹੁਕਮ ਵਿਚ ਤੋਰਦਾ ਹੈ, ਆਪ ਹੀ ਹਰ ਥਾਂ ਹੁਕਮ ਚਲਾਂਦਾ ਹੈ ।੨।

ਹੇ ਭਾਈ! ਉਹ ਪਿਆਰਾ ਪ੍ਰਭੂ (ਆਪਣੀ) ਭਗਤੀ ਦੇ ਖ਼ਜ਼ਾਨਿਆਂ ਵਾਲਾ ਹੈ, ਆਪ ਹੀ (ਜੀਵਾਂ ਨੂੰ ਆਪਣੀ ਭਗਤੀ ਦੀ) ਦਾਤਿ ਦੇਂਦਾ ਹੈ । ਪ੍ਰਭੂ ਆਪ ਹੀ (ਜੀਵਾਂ ਪਾਸੋਂ) ਸੇਵਾ-ਭਗਤੀ ਕਰਾਂਦਾ ਹੈ, ਤੇ ਆਪ ਹੀ (ਸੇਵਾ-ਭਗਤੀ ਕਰਨ ਵਾਲਿਆਂ ਨੂੰ ਜਗਤ ਪਾਸੋਂ) ਇੱਜ਼ਤ ਦਿਵਾਂਦਾ ਹੈ । ਉਹ ਪ੍ਰਭੂ ਆਪ ਹੀ ਗੁਣਾਂ ਦਾ ਖ਼ਜ਼ਾਨਾ ਹੈ, ਤੇ ਆਪ ਹੀ (ਆਪਣੇ ਗੁਣਾਂ ਵਿਚ) ਸਮਾਧੀ ਲਾਂਦਾ ਹੈ ।੩।

ਹੇ ਭਾਈ! ਉਹ ਪ੍ਰਭੂ ਪਿਆਰਾ ਆਪ ਹੀ ਸਭ ਤੋਂ ਵੱਡਾ ਹੈ ਤੇ ਮੰਨਿਆ-ਪ੍ਰਮੰਨਿਆ ਹੋਇਆ ਹੈ । ਉਹ ਆਪ ਹੀ (ਆਪਣਾ) ਤੋਲ ਤੇ ਪੈਮਾਨਾ ਵਰਤ ਕੇ (ਆਪਣੇ ਪੈਦਾ ਕੀਤੇ ਜੀਵਾਂ ਦੇ ਜੀਵਨ ਦਾ) ਮੁੱਲ ਪਾਂਦਾ ਹੈ । ਉਹ ਪ੍ਰਭੂ ਆਪ ਅਤੁੱਲ ਹੈ (ਉਸ ਦੀ ਬਜ਼ੁਰਗੀ ਦਾ ਮਾਪ ਨਹੀਂ ਹੋ ਸਕਦਾ) ਉਹ (ਜੀਵਾਂ ਦੇ ਜੀਵਨ ਸਦਾ) ਤੋਲਦਾ ਹੈ । ਹੇ ਦਾਸ ਨਾਨਕ! (ਆਖ—) ਮੈਂ ਸਦਾ ਉਸ ਤੋਂ ਸਦਕੇ ਜਾਂਦਾ ਹਾਂ ।੪।੫।

ਸੋਰਠਿ ਮਹਲਾ ੪ ॥ ਆਪੇ ਸੇਵਾ ਲਾਇਦਾ ਪਿਆਰਾ ਆਪੇ ਭਗਤਿ ਉਮਾਹਾ ॥ ਆਪੇ ਗੁਣ ਗਾਵਾਇਦਾ ਪਿਆਰਾ ਆਪੇ ਸਬਦਿ ਸਮਾਹਾ ॥ ਆਪੇ ਲੇਖਣਿ ਆਪਿ ਲਿਖਾਰੀ ਆਪੇ ਲੇਖੁ ਲਿਖਾਹਾ ॥੧॥ ਮੇਰੇ ਮਨ ਜਪਿ ਰਾਮ ਨਾਮੁ ਓਮਾਹਾ ॥ ਅਨਦਿਨੁ ਅਨਦੁ ਹੋਵੈ ਵਡਭਾਗੀ ਲੈ ਗੁਰਿ ਪੂਰੈ ਹਰਿ ਲਾਹਾ ॥ ਰਹਾਉ ॥ ਆਪੇ ਗੋਪੀ ਕਾਨੁ ਹੈ ਪਿਆਰਾ ਬਨਿ ਆਪੇ ਗਊ ਚਰਾਹਾ ॥ ਆਪੇ ਸਾਵਲ ਸੁੰਦਰਾ ਪਿਆਰਾ ਆਪੇ ਵੰਸੁ ਵਜਾਹਾ ॥ ਕੁਵਲੀਆ ਪੀੜੁ ਆਪਿ ਮਰਾਇਦਾ ਪਿਆਰਾ ਕਰਿ ਬਾਲਕ ਰੂਪਿ ਪਚਾਹਾ ॥੨॥ ਆਪਿ ਅਖਾੜਾ ਪਾਇਦਾ ਪਿਆਰਾ ਕਰਿ ਵੇਖੈ ਆਪਿ ਚੋਜਾਹਾ ॥ ਕਰਿ ਬਾਲਕ ਰੂਪ ਉਪਾਇਦਾ ਪਿਆਰਾ ਚੰਡੂਰੁ ਕੰਸੁ ਕੇਸੁ ਮਾਰਾਹਾ ॥ ਆਪੇ ਹੀ ਬਲੁ ਆਪਿ ਹੈ ਪਿਆਰਾ ਬਲੁ ਭੰਨੈ ਮੂਰਖ ਮੁਗਧਾਹਾ ॥੩॥ ਸਭੁ ਆਪੇ ਜਗਤੁ ਉਪਾਇਦਾ ਪਿਆਰਾ ਵਸਿ ਆਪੇ

ਜੁਗਤਿ ਹਥਾਹਾ ॥ ਗਲਿ ਜੇਵੜੀ ਆਪੇ ਪਾਇਦਾ ਪਿਆਰਾ ਜਿਉ ਪ੍ਰਭੁ ਖਿੰਚੈ ਤਿਉ ਜਾਹਾ ॥ ਜੋ ਗਰਬੈ ਸੋ ਪਚਸੀ ਪਿਆਰੇ ਜਪਿ ਨਾਨਕ ਭਗਤਿ ਸਮਾਹਾ ॥੪॥੬॥ {ਪੰਨਾ 606}

ਪਦਅਰਥ:- ਉਮਾਹਾ—ਉਤਸ਼ਾਹਾ । ਸਬਦਿ—ਸ਼ਬਦ ਵਿਚ । ਸਮਾਹਾ—ਲੀਨਤਾ ਪੈਦਾ ਕਰਦਾ ਹੈ । ਲੇਖਣਿ—ਕਲਮ ।੧।

ਓਮਾਹਾ—ਉਤਸ਼ਾਹ (ਨਾਲ) । ਅਨਦਿਨੁ—ਹਰ ਰੋਜ਼, ਹਰ ਵੇਲੇ । ਗੁਰਿ ਪੂਰੈ—ਪੂਰੇ ਗੁਰੂ ਦੀ ਰਾਹੀਂ ।ਰਹਾਉ।

ਗੋਪੀ—ਗਵਾਲਿਆਂ ਦੀਆਂ ਇਸਤ੍ਰੀਆਂ । ਕਾਨੁ—ਕ੍ਰਿਸ਼ਨ । ਬਨਿ—ਜੰਗਲ ਵਿਚ, ਬਿੰਦ੍ਰਾਬਨ ਵਿਚ । ਸਾਵਲ ਸੁੰਦਰਾ—ਸਾਵਲੇ ਰੰਗ ਵਾਲਾ ਸੋਹਣਾ (ਕ੍ਰਿਸ਼ਨ) । ਵੰਸੁ—ਬੰਸਰੀ । ਕੁਵਲੀਆਪੀੜੁ—ਕੰਸ ਦਾ ਭੇਜਿਆ ਹੋਇਆ ਹਾਥੀ ਕ੍ਰਿਸ਼ਨ ਜੀ ਨੂੰ ਮਾਰਨ ਵਾਸਤੇ । ਰੂਪਿ—ਰੂਪ ਵਿਚ । ਪਚਾਹਾ—ਨਾਸ ।੨।

ਅਖਾੜਾ—(ਜਗਤ-) ਪਿੜ । ਚੋਜਾਹਾ—ਤਮਾਸ਼ੇ, ਖੇਡਾਂ । ਚੰਡੂਰੁ—ਕੰਸ ਦੇ ਪਹਿਲਵਾਨ ਦਾ ਨਾਮ । ਕੰਸੁ—ਕੇਸੀ । ਮੁਗਧਾਹਾ—ਮੂਰਖਾਂ ਦਾ ।੩।

ਸਭੁ—ਸਾਰਾ । ਵਸਿ—ਵੱਸ ਵਿਚ । ਗਲਿ—ਗਲ ਵਿਚ । ਜੇਵੜੀ—ਰੱਸੀ । ਖਿੰਚੈ—ਖਿੱਚਦਾ ਹੈ । ਗਰਬੈ—ਅਹੰਕਾਰ ਕਰਦਾ ਹੈ ਪਚਸੀ ਨਾਸ ਹੋ ਜਾਇਗਾ ।੪।

ਅਰਥ:- ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਉਤਸ਼ਾਹ ਨਾਲ ਜਪਿਆ ਕਰ । ਪੂਰੇ ਗੁਰੂ ਦੀ ਰਾਹੀਂ ਹਰਿ-ਨਾਮ ਦਾ ਲਾਭ ਖੱਟ ਲੈ । (ਜੇਹੜਾ) ਵਡ-ਭਾਗੀ ਮਨੁੱਖ (ਨਾਮ ਜਪਦਾ ਹੈ, ਉਸ) ਨੂੰ ਹਰ ਵੇਲੇ ਆਤਮਕ ਸੁਖ ਮਿਲਿਆ ਰਹਿੰਦਾ ਹੈ ।ਰਹਾਉ।

ਹੇ ਭਾਈ! ਪਿਆਰਾ ਪ੍ਰਭੂ ਆਪ ਹੀ (ਜੀਵਾਂ ਨੂੰ ਆਪਣੀ) ਸੇਵਾ-ਭਗਤੀ ਵਿਚ ਜੋੜਦਾ ਹੈ, ਆਪ ਹੀ ਭਗਤੀ ਕਰਨ ਦਾ ਉਤਸ਼ਾਹ ਦੇਂਦਾ ਹੈ । ਪ੍ਰਭੂ ਆਪ ਹੀ (ਜੀਵਾਂ ਨੂੰ) ਗੁਣ ਗਾਵਣ ਲਈ ਪ੍ਰੇਰਨਾ ਕਰਦਾ ਹੈ, ਆਪ ਹੀ (ਜੀਵਾਂ ਨੂੰ) ਗੁਰੂ ਦੇ ਸ਼ਬਦ ਵਿਚ ਜੋੜਦਾ ਹੈ । ਪ੍ਰਭੂ ਆਪ ਹੀ ਕਲਮ ਹੈ, ਆਪ ਹੀ ਕਲਮ ਚਲਾਣ ਵਾਲਾ ਹੈ, ਤੇ, ਆਪ ਹੀ (ਜੀਵਾਂ ਦੇ ਮੱਥੇ ਉੱਤੇ ਭਗਤੀ ਦਾ) ਲੇਖ ਲਿਖਦਾ ਹੈ ।੧।

ਹੇ ਭਾਈ! ਪ੍ਰਭੂ ਹੀ ਗੋਪੀਆਂ ਹੈ, ਆਪ ਹੀ ਕ੍ਰਿਸ਼ਨ ਹੈ, ਆਪ ਹੀ (ਬਿੰਦ੍ਰਾਬਨ) ਜੰਗਲ ਵਿਚ ਗਾਈਆਂ ਚਾਰਨ ਵਾਲਾ ਹੈ । ਪ੍ਰਭੂ ਆਪ ਹੀ ਸਾਂਵਲੇ ਰੰਗ ਵਾਲਾ ਸੋਹਣਾ ਕ੍ਰਿਸ਼ਨ ਹੈ, ਆਪ ਹੀ ਬੰਸਰੀ ਵਜਾਣ ਵਾਲਾ ਹੈ । ਪ੍ਰਭੂ ਆਪ ਹੀ ਬਾਲਕ-ਰੂਪ (ਕ੍ਰਿਸ਼ਨ-ਰੂਪ) ਵਿਚ (ਕੰਸ ਦੇ ਭੇਜੇ ਹੋਏ ਹਾਥੀ) ਕੁਵਲੀਆਪੀੜ ਨੂੰ ਨਾਸ ਕਰਨ ਵਾਲਾ ਹੈ ।੨।

ਹੇ ਭਾਈ! ਪ੍ਰਭੂ ਆਪ ਹੀ (ਇਹ ਜਗਤ ਦਾ) ਅਖਾੜਾ ਬਣਾਣ ਵਾਲਾ ਹੈ, (ਇਸ ਜਗਤ-ਅਖਾੜੇ ਵਿਚ) ਆਪ ਹੀ ਕੌਤਕ-ਤਮਾਸ਼ੇ ਰਚ ਕੇ ਵੇਖ ਰਿਹਾ ਹੈ । ਪ੍ਰਭੂ ਆਪ ਹੀ ਬਾਲਕ-ਰੂਪ ਕ੍ਰਿਸ਼ਨ ਨੂੰ ਪੈਦਾ ਕਰਨ ਵਾਲਾ ਹੈ, ਤੇ, ਆਪ ਹੀ ਉਸ ਪਾਸੋਂ ਚੰਡੂਰ, ਕੇਸੀ ਅਤੇ ਕੰਸ ਨੂੰ ਮਰਵਾਣ ਵਾਲਾ ਹੈ । ਆਪ ਹੀ ਤਾਕਤ (ਦੇਣ ਵਾਲਾ) ਹੈ, ਤੇ, ਆਪ ਹੀ ਮੂਰਖਾਂ ਦੀ ਤਾਕਤ ਭੰਨ ਦੇਂਦਾ ਹੈ ।੩।

ਹੇ ਭਾਈ! ਪਿਆਰਾ ਪ੍ਰਭੂ ਆਪ ਹੀ ਸਾਰੇ ਜਗਤ ਨੂੰ ਪੈਦਾ ਕਰਦਾ ਹੈ, (ਜਗਤ ਨੂੰ ਆਪ ਹੀ ਆਪਣੇ) ਵੱਸ ਵਿਚ ਰੱਖਦਾ ਹੈ (ਜੀਵਾਂ ਦੀ ਜੀਵਨ-) ਜੁਗਤਿ ਆਪਣੇ ਹੱਥ ਵਿਚ ਰੱਖਦਾ ਹੈ । ਪ੍ਰਭੂ ਆਪ ਹੀ (ਸਭ ਜੀਵਾਂ ਦੇ) ਗਲ ਵਿਚ ਰੱਸੀ ਪਾਈ ਰੱਖਦਾ ਹੈ, ਜਿਵੇਂ ਪ੍ਰਭੂ (ਉਸ ਰੱਸੀ ਨੂੰ) ਖਿੱਚਦਾ ਹੈ ਤਿਵੇਂ ਹੀ ਜੀਵ (ਜੀਵਨ-ਰਾਹ ਤੇ) ਤੁਰਦੇ

ਹਨ । ਹੇ ਨਾਨਕ! (ਆਖ—) ਹੇ ਪਿਆਰੇ ਸੱਜਣ! ਜੇਹੜਾ ਮਨੁੱਖ (ਆਪਣੇ ਕਿਸੇ ਬਲ ਆਦਿਕ ਦਾ) ਅਹੰਕਾਰ ਕਰਦਾ ਹੈ ਉਹ ਤਬਾਹ ਹੋ ਜਾਂਦਾ ਹੈ (ਆਤਮਕ ਮੌਤ ਸਹੇੜ ਲੈਂਦਾ ਹੈ) । ਹੇ ਭਾਈ! ਪਰਮਾਤਮਾ ਦਾ ਨਾਮ ਜਪਿਆ ਕਰ, ਉਸ ਦੀ ਭਗਤੀ ਵਿਚ ਲੀਨ ਰਿਹਾ ਕਰ ।੪।੬।

ਸੋਰਠਿ ਮਃ ੪ ਦੁਤੁਕੇ ॥ ਅਨਿਕ ਜਨਮ ਵਿਛੁੜੇ ਦੁਖੁ ਪਾਇਆ ਮਨਮੁਖਿ ਕਰਮ ਕਰੈ ਅਹੰਕਾਰੀ ॥ ਸਾਧੂ ਪਰਸਤ ਹੀ ਪ੍ਰਭੁ ਪਾਇਆ ਗੋਬਿਦ ਸਰਣਿ ਤੁਮਾਰੀ ॥੧॥ ਗੋਬਿਦ ਪ੍ਰੀਤਿ ਲਗੀ ਅਤਿ ਪਿਆਰੀ ॥ ਜਬ ਸਤਸੰਗ ਭਏ ਸਾਧੂ ਜਨ ਹਿਰਦੈ ਮਿਲਿਆ ਸਾਂਤਿ ਮੁਰਾਰੀ ॥ ਰਹਾਉ ॥ ਤੂ ਹਿਰਦੈ ਗੁਪਤੁ ਵਸਹਿ ਦਿਨੁ ਰਾਤੀ ਤੇਰਾ ਭਾਉ ਨ ਬੁਝਹਿ ਗਵਾਰੀ ॥ ਸਤਿਗੁਰੁ ਪੁਰਖੁ ਮਿਲਿਆ ਪ੍ਰਭੁ ਪ੍ਰਗਟਿਆ ਗੁਣ ਗਾਵੈ ਗੁਣ ਵੀਚਾਰੀ ॥੨॥ ਗੁਰਮੁਖਿ ਪ੍ਰਗਾਸੁ ਭਇਆ ਸਾਤਿ ਆਈ ਦੁਰਮਤਿ ਬੁਧਿ ਨਿਵਾਰੀ ॥ ਆਤਮ ਬ੍ਰਹਮੁ ਚੀਨਿ ਸੁਖੁ ਪਾਇਆ ਸਤਸੰਗਤਿ ਪੁਰਖ ਤੁਮਾਰੀ ॥੩॥ ਪੁਰਖੈ ਪੁਰਖੁ ਮਿਲਿਆ ਗੁਰੁ ਪਾਇਆ ਜਿਨ ਕਉ ਕਿਰਪਾ ਭਈ ਤੁਮਾਰੀ ॥ ਨਾਨਕ ਅਤੁਲੁ ਸਹਜ ਸੁਖੁ ਪਾਇਆ ਅਨਦਿਨੁ ਜਾਗਤੁ ਰਹੈ ਬਨਵਾਰੀ ॥੪॥੭॥ {ਪੰਨਾ 607}

ਪਦਅਰਥ:- ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਅਹੰਕਾਰੀ—ਅਹੰਕਾਰ ਦੇ ਅਸਰ ਹੇਠ । ਸਾਧੂ—ਗੁਰੂ । ਪਰਸਤ—ਛੁੰਹਦਿਆਂ ।੧।

ਅਤਿ—ਬਹੁਤ । ਸਤ ਸੰਗ—ਸਾਧ ਸੰਗਤਿ । ਹਿਰਦੈ—ਹਿਰਦੇ ਵਿਚ । ਮੁਰਾਰੀ—{ਮੁਰ-ਅਰੀ} ਪਰਮਾਤਮਾ ।ਰਹਾਉ।

ਭਾਉ—ਪਿਆਰ । ਗਵਾਰੀ—ਮੂਰਖ ਬੰਦੇ । ਨ ਬੁਝਹਿ—ਨਹੀਂ ਸਮਝਦੇ । ਵੀਚਾਰੀ—ਵੀਚਾਰਿ, ਵਿਚਾਰ ਕੇ, ਸੁਰਤਿ ਜੋੜ ਕੇ ।੨।

ਗੁਰਮੁਖਿ—ਗੁਰੂ ਦੀ ਸ਼ਰਨ ਪੈਣ ਵਾਲਾ ਮਨੁੱਖ । ਸਾਤਿ—ਸ਼ਾਂਤਿ, ਠੰਡ, ਆਤਮਕ ਅਡੋਲਤਾ । ਦੁਰਮਤਿ—ਭੈੜੀ ਮਤਿ । ਨਿਵਾਰੀ—ਦੂਰ ਕਰ ਲਈ । ਆਤਮ—ਸਭ ਜੀਵਾਂ ਵਿਚ । ਚੀਨਿ—ਪਛਾਣ ਕੇ ।੩।

ਪੁਰਖੈ—ਉਸ ਮਨੁੱਖ ਨੂੰ । ਪੁਰਖੁ—ਅਕਾਲ ਪੁਰਖ, ਸਰਬ-ਵਿਆਪਕ ਪਰਮਾਤਮਾ । ਸਹਜ ਸੁਖੁ—ਆਤਮਕ ਅਡੋਲਤਾ ਦਾ ਸੁਖ । ਅਨਦਿਨੁ—ਹਰ ਰੋਜ਼, ਹਰ ਵੇਲੇ । ਜਾਗਤੁ ਰਹੈ—(ਮਾਇਆ ਦੇ ਮੋਹ ਵਲੋਂ) ਸੁਚੇਤ ਰਹਿੰਦਾ ਹੈ । ਬਨਵਾਰੀ—ਪਰਮਾਤਮਾ (ਵਿਚ ਲੀਨ ਰਹਿ ਕੇ) ।੪।

ਅਰਥ:- ਜਦੋਂ (ਕਿਸੇ ਵਡਭਾਗੀ ਮਨੁੱਖ ਨੂੰ) ਭਲੇ ਮਨੁੱਖਾਂ ਦੀ ਭਲੀ ਸੰਗਤਿ ਪ੍ਰਾਪਤ ਹੁੰਦੀ ਹੈ, ਉਸ ਨੂੰ ਆਪਣੇ ਹਿਰਦੇ ਵਿਚ ਸ਼ਾਂਤੀ ਦੇਣ ਵਾਲਾ ਪਰਮਾਤਮਾ ਆ ਮਿਲਦਾ ਹੈ, ਪਰਮਾਤਮਾ ਨਾਲ ਉਸ ਦੀ ਬੜੀ ਡੂੰਘੀ ਪ੍ਰੀਤਿ ਬਣ ਜਾਂਦੀ ਹੈ ।ਰਹਾਉ।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਅਨੇਕਾਂ ਜਨਮਾਂ ਤੋਂ (ਪਰਮਾਤਮਾ ਨਾਲੋਂ) ਵਿਛੁੜਿਆ ਹੋਇਆ ਦੁੱਖ ਸਹਿੰਦਾ ਚਲਿਆ ਆਉਂਦਾ ਹੈ, (ਇਸ ਜਨਮ ਵਿਚ ਭੀ ਆਪਣੇ ਮਨ ਦਾ ਮੁਰੀਦ ਰਹਿ ਕੇ) ਅਹੰਕਾਰ ਦੇ ਆਸਰੇ ਹੀ ਕਰਮ ਕਰਦਾ ਰਹਿੰਦਾ ਹੈ । (ਪਰ) ਗੁਰੂ ਦੇ ਚਰਨ ਛੁੰਹਦਿਆਂ ਹੀ ਉਸ ਨੂੰ ਪਰਮਾਤਮਾ ਲੱਭ ਪੈਂਦਾ ਹੈ । ਹੇ ਗੋਬਿੰਦ! (ਗੁਰੂ ਦੀ ਸ਼ਰਨ ਦੀ ਬਰਕਤਿ ਨਾਲ) ਉਹ ਤੇਰੀ ਸਰਨ ਆ ਪੈਂਦਾ ਹੈ ।੧।

ਹੇ ਪ੍ਰਭੂ! ਤੂੰ ਹਰ ਵੇਲੇ ਸਭ ਜੀਵਾਂ ਦੇ ਹਿਰਦੇ ਵਿਚ ਲੁਕਿਆ ਹੋਇਆ ਟਿਕਿਆ ਰਹਿੰਦਾ ਹੈਂ, ਮੂਰਖ ਮਨੁੱਖ ਤੇਰੇ

ਨਾਲ ਪਿਆਰ ਕਰਨਾ ਨਹੀਂ ਸਮਝਦੇ । (ਹੇ ਭਾਈ!) ਜਿਸ ਮਨੁੱਖ ਨੂੰ ਸਰਬ-ਵਿਆਪਕ ਪ੍ਰਭੂ ਦਾ ਰੂਪ ਗੁਰੂ ਮਿਲ ਪੈਂਦਾ ਹੈ ਉਸ ਦੇ ਅੰਦਰ ਪਰਮਾਤਮਾ ਪਰਗਟ ਹੋ ਜਾਂਦਾ ਹੈ । ਉਹ ਮਨੁੱਖ ਪਰਮਾਤਮਾ ਦੇ ਗੁਣਾਂ ਵਿਚ ਸੁਰਤਿ ਜੋੜ ਕੇ ਗੁਣ ਗਾਂਦਾ ਰਹਿੰਦਾ ਹੈ ।੨।

ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸ਼ਰਨ ਆ ਪੈਂਦਾ ਹੈ ਉਸ ਦੇ ਅੰਦਰ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ, ਉਸ ਦੇ ਅੰਦਰ ਠੰਢ ਪੈ ਜਾਂਦੀ ਹੈ, ਉਹ ਮਨੁੱਖ ਆਪਣੇ ਅੰਦਰੋਂ ਭੈੜੀ ਮਤਿ ਵਾਲੀ ਅਕਲ ਦੂਰ ਕਰ ਲੈਂਦਾ ਹੈ (ਇਹ ਦੁਰਮਤਿ ਹੀ ਵਿਕਾਰਾਂ ਦੀ ਸੜਨ ਪੈਦਾ ਕਰ ਰਹੀ ਸੀ) । ਉਹ ਮਨੁੱਖ ਆਪਣੇ ਅੰਦਰ ਪਰਮਾਤਮਾ ਨੂੰ ਵੱਸਦਾ ਪਛਾਣ ਕੇ ਆਤਮਕ ਆਨੰਦ ਪ੍ਰਾਪਤ ਕਰ ਲੈਂਦਾ ਹੈ । ਹੇ ਸਰਬ-ਵਿਆਪਕ ਪ੍ਰਭੂ! ਇਹ ਤੇਰੀ ਸਾਧ ਸੰਗਤਿ ਦੀ ਹੀ ਬਰਕਤਿ ਹੈ ।੩।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਉਸ ਮਨੁੱਖ ਨੂੰ ਸਰਬ-ਵਿਆਪਕ ਪਰਮਾਤਮਾ ਮਿਲ ਪੈਂਦਾ ਹੈ । (ਪਰ, ਹੇ ਪ੍ਰਭੂ! ਗੁਰੂ ਭੀ ਉਹਨਾਂ ਨੂੰ ਹੀ ਮਿਲਦਾ ਹੈ) ਜਿਨ੍ਹਾਂ ਉਤੇ ਤੇਰੀ ਕਿਰਪਾ ਹੁੰਦੀ ਹੈ । ਹੇ ਨਾਨਕ! (ਅਜੇਹਾ ਮਨੁੱਖ) ਆਤਮਕ ਅਡੋਲਤਾ ਦਾ ਬੇਅੰਤ ਸੁਖ ਮਾਣਦਾ ਹੈ, ਉਹ ਹਰ ਵੇਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿ ਕੇ (ਵਿਕਾਰਾਂ ਵਲੋਂ) ਸੁਚੇਤ ਰਹਿੰਦਾ ਹੈ ।੪।੭।

ਸੋਰਠਿ ਮਹਲਾ ੪ ॥ ਹਰਿ ਸਿਉ ਪ੍ਰੀਤਿ ਅੰਤਰੁ ਮਨੁ ਬੇਧਿਆ ਹਰਿ ਬਿਨੁ ਰਹਣੁ ਨ ਜਾਈ ॥ ਜਿਉ ਮਛੁਲੀ ਬਿਨੁ ਨੀਰੈ ਬਿਨਸੈ ਤਿਉ ਨਾਮੈ ਬਿਨੁ ਮਰਿ ਜਾਈ ॥੧॥ ਮੇਰੇ ਪ੍ਰਭ ਕਿਰਪਾ ਜਲੁ ਦੇਵਹੁ ਹਰਿ ਨਾਈ ॥ ਹਉ ਅੰਤਰਿ ਨਾਮੁ ਮੰਗਾ ਦਿਨੁ ਰਾਤੀ ਨਾਮੇ ਹੀ ਸਾਂਤਿ ਪਾਈ ॥ ਰਹਾਉ ॥ ਜਿਉ ਚਾਤ੍ਰਿਕੁ ਜਲ ਬਿਨੁ ਬਿਲਲਾਵੈ ਬਿਨੁ ਜਲ ਪਿਆਸ ਨ ਜਾਈ ॥ ਗੁਰਮੁਖਿ ਜਲੁ ਪਾਵੈ ਸੁਖ ਸਹਜੇ ਹਰਿਆ ਭਾਇ ਸੁਭਾਈ ॥੨॥ ਮਨਮੁਖ ਭੂਖੇ ਦਹ ਦਿਸ ਡੋਲਹਿ ਬਿਨੁ ਨਾਵੈ ਦੁਖੁ ਪਾਈ ॥ ਜਨਮਿ ਮਰੈ ਫਿਰਿ ਜੋਨੀ ਆਵੈ ਦਰਗਹਿ ਮਿਲੈ ਸਜਾਈ ॥੩॥ ਕ੍ਰਿਪਾ ਕਰਹਿ ਤਾ ਹਰਿ ਗੁਣ ਗਾਵਹ ਹਰਿ ਰਸੁ ਅੰਤਰਿ ਪਾਈ ॥ ਨਾਨਕ ਦੀਨ ਦਇਆਲ ਭਏ ਹੈ ਤ੍ਰਿਸਨਾ ਸਬਦਿ ਬੁਝਾਈ ॥੪॥੮॥ {ਪੰਨਾ 607}

ਪਦਅਰਥ:- ਸਿਉ—ਨਾਲ । ਅੰਤਰੁ—ਅੰਦਰਲਾ । ਬੇਧਿਆ—ਵਿੱਝ ਗਿਆ । ਨੀਰ—ਪਾਣੀ ।੧।

ਪ੍ਰਭ—ਹੇ ਪ੍ਰਭੂ! ਹਰਿ—ਹੇ ਹਰੀ! ਨਾਈ—ਵਡਿਆਈ, ਸਿਫ਼ਤਿ-ਸਾਲਾਹ । ਹਉ—ਮੈਂ । ਅੰਤਰਿ—ਅੰਦਰ, ਦਿਲ ਵਿਚ {ਲਫ਼ਜ਼ 'ਅੰਤਰੁ' ਅਤੇ 'ਅੰਤਰਿ' ਦਾ ਫ਼ਰਕ ਚੇਤੇ ਰੱਖਣਾ} । ਮੰਗਾ—ਮੰਗਾਂ, ਮੈਂ ਮੰਗਦਾ ਹਾਂ ।ਰਹਾਉ।

ਚਾਤ੍ਰਿਕੁ—ਪਪੀਹਾ । ਗੁਰਮੁਖਿ—ਗੁਰੂ ਦੀ ਸ਼ਰਨ ਪੈਣ ਵਾਲਾ ਮਨੁੱਖ । ਸੁਖ ਜਲੁ—ਆਤਮਕ ਆਨੰਦ ਦੇਣ ਵਾਲਾ ਨਾਮ-ਜਲ । ਸਹਜੇ—ਸਹਜਿ, ਆਤਮਕ ਅਡੋਲਤਾ ਵਿਚ । ਭਾਇ—ਪ੍ਰੇਮ ਦੀ ਰਾਹੀਂ । ਸੁਭਾਈ—ਸ੍ਰੇਸ਼ਟ ਪਿਆਰ ਦੀ ਰਾਹੀਂ ।੨।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਦਹ ਦਿਸ—ਦਸੀਂ ਪਾਸੀਂ । ਪਾਈ—ਪਾਏ, ਪਾਂਦਾ ਹੈ । ਮਰੈ—ਮਰਦਾ ਹੈ ।੩।

ਗਾਵਹ—(ਅਸੀ ਜੀਵ) ਗਾਂਦੇ ਹਾਂ । ਪਾਈ—ਪਾਇ, ਪਾ ਕੇ । ਸਬਦਿ—ਸ਼ਬਦ ਦੀ ਰਾਹੀਂ ।੪।

ਅਰਥ:- ਹੇ ਮੇਰੇ ਪ੍ਰਭੂ! (ਮੈਨੂੰ ਆਪਣੀ) ਮੇਹਰ ਦਾ ਜਲ ਦੇਹ । ਹੇ ਹਰੀ! ਮੈਨੂੰ ਆਪਣੀ ਸਿਫ਼ਤਿ-ਸਾਲਾਹ ਦੀ

ਦਾਤਿ ਦੇਹ । ਮੈਂ ਆਪਣੇ ਹਿਰਦੇ ਵਿਚ ਦਿਨ ਰਾਤ ਤੇਰਾ ਨਾਮ (ਹੀ) ਮੰਗਦਾ ਹਾਂ (ਕਿਉਂਕਿ ਤੇਰੇ) ਨਾਮ ਵਿਚ ਜੁੜਿਆਂ ਹੀ ਆਤਮਕ ਠੰਡ ਪ੍ਰਾਪਤ ਹੋ ਸਕਦੀ ਹੈ ।ਰਹਾਉ।

ਹੇ ਭਾਈ! ਪਰਮਾਤਮਾ ਨਾਲ ਪਿਆਰ ਦੀ ਰਾਹੀਂ ਜਿਸ ਮਨੁੱਖ ਦਾ ਹਿਰਦਾ ਜਿਸ ਮਨੁੱਖ ਦਾ ਮਨ ਵਿੱਝ ਜਾਂਦਾ ਹੈ, ਉਹ ਪਰਮਾਤਮਾ (ਦੀ ਯਾਦ) ਤੋਂ ਬਿਨਾ ਰਹਿ ਨਹੀਂ ਸਕਦਾ । ਜਿਵੇਂ ਪਾਣੀ ਤੋਂ ਬਿਨਾ ਮੱਛੀ ਮਰ ਜਾਂਦੀ ਹੈ, ਤਿਵੇਂ ਉਹ ਮਨੁੱਖ ਪ੍ਰਭੂ ਦੇ ਨਾਮ ਤੋਂ ਬਿਨਾ ਆਪਣੀ ਆਤਮਕ ਮੌਤ ਆ ਗਈ ਸਮਝਦਾ ਹੈ ।੧।

ਹੇ ਭਾਈ! ਜਿਵੇਂ ਵਰਖਾ-ਜਲ ਤੋਂ ਬਿਨਾ ਪਪੀਹਾ ਵਿਲਕਦਾ ਹੈ, ਵਰਖਾ ਦੀ ਬੂੰਦ ਤੋਂ ਬਿਨਾ ਉਸ ਦੀ ਤ੍ਰੇਹ ਨਹੀਂ ਮਿਟਦੀ, ਤਿਵੇਂ ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ ਉਹ ਤਦੋਂ ਪ੍ਰਭੂ ਦੀ ਬਰਕਤਿ ਨਾਲ ਆਤਮਕ ਜੀਵਨ ਵਾਲਾ ਬਣਦਾ ਹੈ ਜਦੋਂ ਉਹ ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਆਨੰਦ ਦੇਣ ਵਾਲਾ ਨਾਮ-ਜਲ (ਗੁਰੂ ਪਾਸੋਂ) ਹਾਸਲ ਕਰਦਾ ਹੈ ।੨।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਾਇਆ ਦੀ ਭੁੱਖ ਦੇ ਮਾਰੇ ਹੋਏ ਦਸੀਂ ਪਾਸੀਂ ਡੋਲਦੇ ਫਿਰਦੇ ਹਨ । ਮਨ ਦਾ ਮੁਰੀਦ ਮਨੁੱਖ ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਦੁੱਖ ਪਾਂਦਾ ਰਹਿੰਦਾ ਹੈ । ਉਹ ਜੰਮਦਾ ਹੈ ਮਰਦਾ ਹੈ, ਮੁੜ ਮੁੜ ਜੂਨਾਂ ਵਿਚ ਪਿਆ ਰਹਿੰਦਾ ਹੈ, ਪਰਮਾਤਮਾ ਦੀ ਦਰਗਾਹ ਵਿਚ ਉਸ ਨੂੰ (ਇਹ) ਸਜ਼ਾ ਮਿਲਦੀ ਹੈ ।੩।

ਹੇ ਹਰੀ! ਜੇ ਤੂੰ (ਆਪ) ਮੇਹਰ ਕਰੇਂ, ਤਾਂ ਹੀ ਅਸੀ ਜੀਵ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾ ਸਕਦੇ ਹਾਂ । (ਜਿਸ ਉੱਤੇ ਮੇਹਰ ਹੋਵੇ, ਉਹੀ ਮਨੁੱਖ) ਆਪਣੇ ਹਿਰਦੇ ਵਿਚ ਹਰਿ-ਨਾਮ ਦਾ ਸੁਆਦ ਅਨੁਭਵ ਕਰਦਾ ਹੈ । ਹੇ ਨਾਨਕ! ਦੀਨਾਂ ਉਤੇ ਦਇਆ ਕਰਨ ਵਾਲਾ ਪ੍ਰਭੂ ਜਿਸ ਮਨੁੱਖ ਉੱਤੇ ਤ੍ਰੁੱਠਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੀ (ਮਾਇਆ ਦੀ) ਤ੍ਰੇਹ ਬੁਝਾ ਦੇਂਦਾ ਹੈ ।੪।੮।

ਸੋਰਠਿ ਮਹਲਾ ੪ ਪੰਚਪਦਾ ॥ ਅਚਰੁ ਚਰੈ ਤਾ ਸਿਧਿ ਹੋਈ ਸਿਧੀ ਤੇ ਬੁਧਿ ਪਾਈ ॥ ਪ੍ਰੇਮ ਕੇ ਸਰ ਲਾਗੇ ਤਨ ਭੀਤਰਿ ਤਾ ਭ੍ਰਮੁ ਕਾਟਿਆ ਜਾਈ ॥੧॥ ਮੇਰੇ ਗੋਬਿਦ ਅਪੁਨੇ ਜਨ ਕਉ ਦੇਹਿ ਵਡਿਆਈ ॥ ਗੁਰਮਤਿ ਰਾਮ ਨਾਮੁ ਪਰਗਾਸਹੁ ਸਦਾ ਰਹਹੁ ਸਰਣਾਈ ॥ ਰਹਾਉ ॥ ਇਹੁ ਸੰਸਾਰੁ ਸਭੁ ਆਵਣ ਜਾਣਾ ਮਨ ਮੂਰਖ ਚੇਤਿ ਅਜਾਣਾ ॥ ਹਰਿ ਜੀਉ ਕ੍ਰਿਪਾ ਕਰਹੁ ਗੁਰੁ ਮੇਲਹੁ ਤਾ ਹਰਿ ਨਾਮਿ ਸਮਾਣਾ ॥੨॥ ਜਿਸ ਕੀ ਵਥੁ ਸੋਈ ਪ੍ਰਭੁ ਜਾਣੈ ਜਿਸ ਨੋ ਦੇਇ ਸੁ ਪਾਏ ॥ ਵਸਤੁ ਅਨੂਪ ਅਤਿ ਅਗਮ ਅਗੋਚਰ ਗੁਰੁ ਪੂਰਾ ਅਲਖੁ ਲਖਾਏ ॥੩॥ ਜਿਨਿ ਇਹ ਚਾਖੀ ਸੋਈ ਜਾਣੈ ਗੂੰਗੇ ਕੀ ਮਿਠਿਆਈ ॥ ਰਤਨੁ ਲੁਕਾਇਆ ਲੂਕੈ ਨਾਹੀ ਜੇ ਕੋ ਰਖੈ ਲੁਕਾਈ ॥੪॥ ਸਭੁ ਕਿਛੁ ਤੇਰਾ ਤੂ ਅੰਤਰਜਾਮੀ ਤੂ ਸਭਨਾ ਕਾ ਪ੍ਰਭੁ ਸੋਈ ॥ ਜਿਸ ਨੋ ਦਾਤਿ ਕਰਹਿ ਸੋ ਪਾਏ ਜਨ ਨਾਨਕ ਅਵਰੁ ਨ ਕੋਈ ॥੫॥੯॥ {ਪੰਨਾ 607}

ਨੋਟ:- ਪੰਚ ਪਦ—ਪੰਜ 'ਬੰਦਾਂ' ਵਾਲਾ ਸ਼ਬਦ ।

ਪਦਅਰਥ:- ਅਚਰੁ—{ਅ-ਚਰੁ} ਨਾਹ ਜਿੱਤਿਆ ਜਾ ਸਕਣ (ਮਨ) ਵਾਲਾ । ਚਰੈ—ਜਿੱਤ ਲੈਂਦਾ ਹੈ । ਸਿਧਿ—(ਜੀਵਨ-ਸੰਗ੍ਰਾਮ ਵਿਚ) ਕਾਮਯਾਬੀ । ਤੇ—ਤੋਂ । ਬੁਧਿ—ਅਕਲ । ਸਰ—ਤੀਰ । ਤਨ—ਸਰੀਰ, ਹਿਰਦਾ । ਭ੍ਰਮੁ—ਮਨ ਦੀ ਭਟਕਣਾ ।੧।

ਗੋਬਿਦ—ਹੇ ਗੋਬਿੰਦ! ਕਉ—ਨੂੰ । ਪਰਗਾਸਹੁ—ਪਰਗਟ ਕਰੋ, ਉਜਾਗਰ ਕਰ ਦਿਉ । ਰਹਹੁ—ਰੱਖੋ ।ਰਹਾਉ।

ਸੰਸਾਰੁ—ਜਗਤ (ਦਾ ਮੋਹ) । ਆਵਣ ਜਾਣਾ—ਜਨਮ ਮਰਨ (ਦਾ ਮੂਲ) । ਮਨ—ਹੇ ਮਨ! ਨਾਮਿ—ਨਾਮ ਵਿਚ ।੨।

ਜਿਸ ਕੀ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ} । ਵਥੁ—ਵਸਤੁ, ਨਾਮ-ਵਸਤੁ । ਸੋਈ—ਉਹੀ (ਪ੍ਰਭੂ) । ਜਿਸ ਨੋ—(ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ) । ਸੁ—ਉਹ ਮਨੁੱਖ । ਅਨੂਪ—ਸੁੰਦਰ, ਬੇ-ਮਿਸਾਲ (ਅਨ-ਊਪ—ਉਪਮਾ ਰਹਿਤ) । ਅਗਮ—ਅਪਹੁੰਚ । ਅਗੋਚਰ—{ਅ-ਗੋ-ਚਰ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਅਲਖੁ—ਅਦ੍ਰਿਸ਼ਟ ਪ੍ਰਭੂ । ਲਖਾਏ—ਵਿਖਾ ਦੇਂਦਾ ਹੈ ।੩।

ਜਿਨਿ—ਜਿਸ (ਮਨੁੱਖ) ਨੇ । ਇਹ—ਇਹ ਵਸਤੁ {ਇਸਤ੍ਰੀ ਲਿੰਗ} । ਕੋ—ਕੋਈ ਮਨੁੱਖ ।੪।

ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਸੋਈ—ਸਾਰ ਰੱਖਣ ਵਾਲਾ ।੫।

ਅਰਥ:- ਹੇ ਮੇਰੇ ਗੋਬਿੰਦ! (ਮੈਨੂੰ) ਆਪਣੇ ਦਾਸ ਨੂੰ (ਇਹ) ਇੱਜ਼ਤ ਬਖ਼ਸ਼ (ਕਿ) ਗੁਰੂ ਦੀ ਮਤਿ ਦੀ ਰਾਹੀਂ (ਮੇਰੇ ਅੰਦਰ) ਆਪਣਾ ਨਾਮ ਪਰਗਟ ਕਰ ਦੇਹ, (ਮੈਨੂੰ) ਸਦਾ ਆਪਣੀ ਸ਼ਰਨ ਵਿਚ ਰੱਖ ।ਰਹਾਉ।

(ਹੇ ਭਾਈ! ਗੁਰੂ ਦੀ ਸ਼ਰਨ ਪੈ ਕੇ ਜਦੋਂ) ਮਨੁੱਖ ਇਸ ਅਜਿੱਤ ਮਨ ਨੂੰ ਜਿੱਤ ਲੈਂਦਾ ਹੈ, ਤਦੋਂ (ਜੀਵਨ-ਸੰਗ੍ਰਾਮ ਵਿਚ ਇਸ ਨੂੰ) ਕਾਮਯਾਬੀ ਹੋ ਜਾਂਦੀ ਹੈ, (ਇਸ) ਕਾਮਯਾਬੀ ਤੋਂ (ਮਨੁੱਖ ਨੂੰ ਇਹ) ਅਕਲ ਹਾਸਲ ਹੋ ਜਾਂਦੀ ਹੈ (ਕਿ) ਪਰਮਾਤਮਾ ਦੇ ਪਿਆਰ ਦੇ ਤੀਰ (ਇਸ ਦੇ) ਹਿਰਦੇ ਵਿਚ ਵਿੱਝ ਜਾਂਦੇ ਹਨ, ਤਦੋਂ (ਇਸ ਦੇ ਮਨ ਦੀ) ਭਟਕਣਾ (ਸਦਾ ਲਈ) ਕੱਟੀ ਜਾਂਦੀ ਹੈ ।੧।

ਹੇ ਮੂਰਖ ਅੰਞਾਣ ਮਨ! ਇਹ ਜਗਤ (ਦਾ ਮੋਹ) ਜਨਮ ਮਰਨ (ਦਾ ਕਾਰਨ ਬਣਿਆ ਰਹਿੰਦਾ) ਹੈ (ਇਸ ਤੋਂ ਬਚਣ ਲਈ ਪਰਮਾਤਮਾ ਦਾ ਨਾਮ) ਸਿਮਰਦਾ ਰਹੁ । ਹੇ ਹਰੀ! (ਮੇਰੇ ਉੱਤੇ) ਮੇਹਰ ਕਰ, ਮੈਨੂੰ ਗੁਰੂ ਮਿਲਾ, ਤਦੋਂ ਹੀ ਤੇਰੇ ਨਾਮ ਵਿਚ ਲੀਨਤਾ ਹੋ ਸਕਦੀ ਹੈ ।੨।

ਹੇ ਭਾਈ! ਇਹ ਨਾਮ-ਵਸਤੁ ਜਿਸ (ਪਰਮਾਤਮਾ) ਦੀ (ਮਲਕੀਅਤ) ਹੈ, ਉਹੀ ਜਾਣਦਾ ਹੈ (ਕਿ ਇਹ ਵਸਤੁ ਕਿਸ ਨੂੰ ਦੇਣੀ ਹੈ), ਜਿਸ ਜੀਵ ਨੂੰ ਪ੍ਰਭੂ ਇਹ ਦਾਤਿ ਦੇਂਦਾ ਹੈ ਉਹੀ ਲੈ ਸਕਦਾ ਹੈ । ਇਹ ਵਸਤ ਐਸੀ ਸੁੰਦਰ ਹੈ ਕਿ ਜਗਤ ਵਿਚ ਇਸ ਵਰਗੀ ਹੋਰ ਕੋਈ ਨਹੀਂ, (ਕਿਸੇ ਚਤੁਰਾਈ-ਸਿਆਣਪ ਦੀ ਰਾਹੀਂ) ਇਸ ਤਕ ਪਹੁੰਚ ਨਹੀਂ ਹੋ ਸਕਦੀ, ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਭੀ ਇਸ ਤਕ ਪਹੁੰਚ ਨਹੀਂ । (ਜੇ) ਪੂਰਾ ਗੁਰੂ (ਮਿਲ ਪਏ, ਤਾਂ ਉਹੀ) ਅਦ੍ਰਿਸ਼ਟ ਪ੍ਰਭੂ ਦਾ ਦੀਦਾਰ ਕਰਾ ਸਕਦਾ ਹੈ ।੩।

ਹੇ ਭਾਈ! ਜਿਸ ਮਨੁੱਖ ਨੇ ਇਹ ਨਾਮ-ਵਸਤੁ ਚੱਖੀ ਹੈ (ਇਸ ਦਾ ਸੁਆਦ) ਉਹੀ ਜਾਣਦਾ ਹੈ, (ਉਹ ਬਿਆਨ ਨਹੀਂ ਕਰ ਸਕਦਾ, ਜਿਵੇਂ) ਗੁੰਗੇ ਦੀ (ਖਾਧੀ) ਮਿਠਿਆਈ (ਦਾ ਸੁਆਦ) ਗੁੰਗਾ ਦੱਸ ਨਹੀਂ ਸਕਦਾ । (ਹਾਂ ਜੇ ਕਿਸੇ ਨੂੰ ਇਹ ਨਾਮ-ਰਤਨ ਹਾਸਲ ਹੋ ਜਾਵੇ, ਤਾਂ) ਜੇ ਉਹ ਮਨੁੱਖ (ਇਸ ਰਤਨ ਨੂੰ ਆਪਣੇ ਅੰਦਰ) ਲੁਕਾ ਕੇ ਰੱਖਣਾ ਚਾਹੇ, ਤਾਂ ਲੁਕਾਇਆਂ ਇਹ ਰਤਨ ਲੁਕਦਾ ਨਹੀਂ (ਉਸ ਦੇ ਆਤਮਕ ਜੀਵਨ ਤੋਂ ਰਤਨ-ਪ੍ਰਾਪਤੀ ਦੇ ਲੱਛਣ ਦਿੱਸ ਪੈਂਦੇ ਹਨ) ।੪।

ਹੇ ਪ੍ਰਭੂ! ਇਹ ਸਾਰਾ ਜਗਤ ਤੇਰਾ ਬਣਾਇਆ ਹੋਇਆ ਹੈ, ਤੂੰ ਸਭ ਜੀਵਾਂ ਦੇ ਦਿਲ ਦੀ ਜਾਣਨ-ਵਾਲਾ ਹੈਂ, ਤੂੰ ਸਭ ਦੀ ਸਾਰ ਲੈਣ ਵਾਲਾ ਮਾਲਕ ਹੈਂ । ਹੇ ਨਾਨਕ! (ਆਖ—ਹੇ ਪ੍ਰਭੂ!) ਉਹੀ ਮਨੁੱਖ ਤੇਰਾ ਨਾਮ ਹਾਸਲ ਕਰ

ਸਕਦਾ ਹੈ ਜਿਸ ਨੂੰ ਤੂੰ ਇਹ ਦਾਤਿ ਬਖ਼ਸ਼ਦਾ ਹੈਂ । ਹੋਰ ਕੋਈ ਭੀ ਐਸਾ ਜੀਵ ਨਹੀਂ (ਜੋ ਤੇਰੀ ਬਖ਼ਸ਼ਸ਼ ਤੋਂ ਬਿਨਾ ਤੇਰਾ ਨਾਮ ਪ੍ਰਾਪਤ ਕਰ ਸਕੇ) ।੫।੯।

ਜ਼ਰੂਰੀ ਨੋਟ:- ਇਸ ਰਾਗ ਵਿਚ ਦੇ ਗੁਰੂ ਨਾਨਕ ਦੇਵ ਜੀ ਦੇ ਸਾਰੇ ਹੀ ਸ਼ਬਦਾਂ ਵਿਚ 'ਰਹਾਉ' ਦੀਆਂ ਤੁਕਾਂ ਨਾਲ ਲਫ਼ਜ਼ ਸਿਰਫ਼ "ਰਹਾਉ" ਹੈ, "੧ ।ਰਹਾਉ" ਨਹੀਂ । ਇਹੀ ਸਮਾਨਤਾ ਗੁਰੂ ਅਮਰਦਾਸ ਜੀ ਅਤੇ ਗੁਰੂ ਰਾਮਦਾਸ ਜੀ ਦੇ ਸ਼ਬਦਾਂ ਵਿਚ ਮਿਲਦੀ ਹੈ । ਗੁਰੂ ਨਾਨਕ ਦੇਵ ਜੀ ਦੀ ਸਾਰੀ ਬਾਣੀ ਇਹਨਾਂ ਪਾਸ ਮੌਜੂਦ ਸੀ ।

ਸੋਰਠਿ ਮਹਲਾ ੫ ਘਰੁ ੧ ਤਿਤੁਕੇ ੴ ਸਤਿਗੁਰ ਪ੍ਰਸਾਦਿ ॥ ਕਿਸੁ ਹਉ ਜਾਚੀ ਕਿਸ ਆਰਾਧੀ ਜਾ ਸਭੁ ਕੋ ਕੀਤਾ ਹੋਸੀ ॥ ਜੋ ਜੋ ਦੀਸੈ ਵਡਾ ਵਡੇਰਾ ਸੋ ਸੋ ਖਾਕੂ ਰਲਸੀ ॥ ਨਿਰਭਉ ਨਿਰੰਕਾਰੁ ਭਵ ਖੰਡਨੁ ਸਭਿ ਸੁਖ ਨਵ ਨਿਧਿ ਦੇਸੀ ॥੧॥ ਹਰਿ ਜੀਉ ਤੇਰੀ ਦਾਤੀ ਰਾਜਾ ॥ ਮਾਣਸੁ ਬਪੁੜਾ ਕਿਆ ਸਾਲਾਹੀ ਕਿਆ ਤਿਸ ਕਾ ਮੁਹਤਾਜਾ ॥ ਰਹਾਉ ॥ ਜਿਨਿ ਹਰਿ ਧਿਆਇਆ ਸਭੁ ਕਿਛੁ ਤਿਸ ਕਾ ਤਿਸ ਕੀ ਭੂਖ ਗਵਾਈ ॥ ਐਸਾ ਧਨੁ ਦੀਆ ਸੁਖਦਾਤੈ ਨਿਖੁਟਿ ਨ ਕਬ ਹੀ ਜਾਈ ॥ ਅਨਦੁ ਭਇਆ ਸੁਖ ਸਹਜਿ ਸਮਾਣੇ ਸਤਿਗੁਰਿ ਮੇਲਿ ਮਿਲਾਈ ॥੨॥ ਮਨ ਨਾਮੁ ਜਪਿ ਨਾਮੁ ਆਰਾਧਿ ਅਨਦਿਨੁ ਨਾਮੁ ਵਖਾਣੀ ॥ ਉਪਦੇਸੁ ਸੁਣਿ ਸਾਧ ਸੰਤਨ ਕਾ ਸਭ ਚੂਕੀ ਕਾਣਿ ਜਮਾਣੀ ॥ ਜਿਨ ਕਉ ਕ੍ਰਿਪਾਲੁ ਹੋਆ ਪ੍ਰਭੁ ਮੇਰਾ ਸੇ ਲਾਗੇ ਗੁਰ ਕੀ ਬਾਣੀ ॥੩॥ ਕੀਮਤਿ ਕਉਣੁ ਕਰੈ ਪ੍ਰਭ ਤੇਰੀ ਤੂ ਸਰਬ ਜੀਆ ਦਇਆਲਾ ॥ ਸਭੁ ਕਿਛੁ ਕੀਤਾ ਤੇਰਾ ਵਰਤੈ ਕਿਆ ਹਮ ਬਾਲ ਗੁਪਾਲਾ ॥ ਰਾਖਿ ਲੇਹੁ ਨਾਨਕੁ ਜਨੁ ਤੁਮਰਾ ਜਿਉ ਪਿਤਾ ਪੂਤ ਕਿਰਪਾਲਾ ॥੪॥੧॥ {ਪੰਨਾ 608}

ਨੋਟ:- ਤਿਤੁਕੇ—ਤਿ-ਤੁਕੇ, ਤਿੰਨ ਤਿੰਨ ਤੁਕਾਂ ਵਾਲੇ ਬੰਦ । ਇਸ ਸ਼ਬਦ ਦੇ ਹਰੇਕ 'ਬੰਦ' ਵਿਚ ਤਿੰਨ ਤਿੰਨ ਤੁਕਾਂ ਹਨ ।

ਅਰਥ:- ਹਉ ਜਾਚੀ—ਹਉ ਜਾਚੀਂ, ਮੈਂ ਮੰਗਾਂ । ਆਰਾਧੀ—ਆਰਾਧੀਂ, ਮੈਂ ਆਰਾਧਨਾ ਕਰਾਂ । ਸਭੁ ਕੋ—ਹਰੇਕ ਜੀਵ । ਕੀਤਾ—(ਪਰਮਾਤਮਾ ਦਾ) ਬਣਾਇਆ ਹੋਇਆ । ਹੋਸੀ—ਹੋਵੇਗਾ, ਹੈ । ਖਾਕੂ—ਖ਼ਾਕ ਵਿਚ । ਭਵ ਖੰਡਨੁ—ਜਨਮ (ਮਰਨ) ਨਾਸ ਕਰਨ ਵਾਲਾ । ਸਭਿ—ਸਾਰੇ । ਨਵ ਨਿਧਿ—ਜਗਤ ਦੇ ਨੌ ਹੀ ਖ਼ਜ਼ਾਨੇ । ਦੇਸੀ—ਦੇਵੇਗਾ, ਦੇਂਦਾ ਹੈ ।੧।

ਹਰਿ—ਹੇ ਹਰੀ! ਦਾਤੀ—ਦਾਤੀਂ, ਦਾਤਾਂ ਨਾਲ । ਰਾਜਾ—ਰਾਜਾਂ, ਮੈਂ ਰੱਜਦਾ ਹਾਂ । ਬਪੁੜਾ—ਵਿਚਾਰਾ । ਸਾਲਾਹੀ—ਸਲਾਹੀਂ, ਮੈਂ ਸਾਲਾਹਾਂ । ਤਿਸ ਕਾ—{ਲਫ਼ਜ਼ 'ਤਿਸੁ' ਦਾ ੍ਹ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} ।ਰਹਾਉ।

ਜਿਨਿ—ਜਿਸ (ਮਨੁੱਖ) ਨੇ । ਸਭੁ ਕਿਛੁ—ਹਰੇਕ ਚੀਜ਼ । ਸੁਖਦਾਤੈ—ਸੁਖ ਦੇਣ ਵਾਲੇ (ਪ੍ਰਭੂ) ਨੇ । ਸਹਜਿ—ਆਤਮਕ ਅਡੋਲਤਾ ਦੇ ਕਾਰਨ । ਸਤਿਗੁਰਿ—ਗੁਰੂ ਨੇ । ਮੇਲਿ—ਮਿਲਾਪ ਵਿਚ ।੨।

ਮਨ—ਹੇ ਮਨ! ਅਨਦਿਨੁ—ਹਰ ਰੋਜ਼ । ਵਖਾਣੀ—ਵਖਾਣਿ, ਉਚਾਰਦਾ ਰਹੁ । ਕਾਣਿ—ਮੁਥਾਜੀ । ਜਮਾਣੀ—ਜਮਾਂ ਦੀ {ਆਣੀ—ਦੀ} । ਕਉ—ਨੂੰ ।੩।

ਗੁਪਾਲਾ—ਹੇ ਗੋਪਾਲ! ਕਿਆ ਹਮ—ਸਾਡੀ ਕੀਹ ਪਾਂਇਆਂ ਹੈ? ਜਨੁ—ਦਾਸ ।੪।

ਅਰਥ:- ਹੇ ਪ੍ਰਭੂ ਜੀ! ਮੈਂ ਤੇਰੀਆਂ (ਦਿੱਤੀਆਂ) ਦਾਤਾਂ ਨਾਲ (ਹੀ) ਰੱਜ ਸਕਦਾ ਹਾਂ, ਮੈਂ ਕਿਸੇ ਵਿਚਾਰੇ ਮਨੁੱਖ

ਦੀ ਵਡਿਆਈ ਕਿਉਂ ਕਰਦਾ ਫਿਰਾਂ? ਮੈਨੂੰ ਕਿਸੇ ਮਨੁੱਖ ਦੀ ਮੁਥਾਜੀ ਕਿਉਂ ਹੋਵੇ? ।ਰਹਾਉ।

ਹੇ ਭਾਈ! ਜਦੋਂ ਹਰੇਕ ਜੀਵ ਪਰਮਾਤਮਾ ਦਾ ਹੀ ਪੈਦਾ ਕੀਤਾ ਹੋਇਆ ਹੈ, ਤਾਂ (ਉਸ ਕਰਤਾਰ ਨੂੰ ਛੱਡ ਕੇ) ਮੈਂ ਹੋਰ ਕਿਸ ਪਾਸੋਂ ਕੁਝ ਮੰਗਾਂ? ਮੈਂ ਹੋਰ ਕਿਸ ਦੀ ਆਸ ਰੱਖਦਾ ਫਿਰਾਂ? ਜੇਹੜਾ ਭੀ ਕੋਈ ਵੱਡਾ ਜਾਂ ਧਨਾਢ ਮਨੁੱਖ ਦਿੱਸਦਾ ਹੈ, ਹਰੇਕ ਨੇ (ਮਰ ਕੇ) ਮਿੱਟੀ ਵਿਚ ਰਲ ਜਾਣਾ ਹੈ (ਇਕ ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਦਾਤਾ ਹੈ) । ਹੇ ਭਾਈ! ਸਾਰੇ ਸੁਖ ਤੇ ਜਗਤ ਦੇ ਸਾਰੇ ਨੌ ਖ਼ਜ਼ਾਨੇ ਉਹ ਨਿਰੰਕਾਰ ਹੀ ਦੇਣ ਵਾਲਾ ਹੈ ਜਿਸ ਨੂੰ ਕਿਸੇ ਦਾ ਡਰ ਨਹੀਂ, ਤੇ, ਜੋ ਸਭ ਜੀਵਾਂ ਦਾ ਜਨਮ ਮਰਨ ਨਾਸ ਕਰਨ ਵਾਲਾ ਹੈ ।੧।

ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦੀ ਭਗਤੀ ਸ਼ੁਰੂ ਕਰ ਦਿੱਤੀ, ਜਗਤ ਦੀ ਹਰੇਕ ਚੀਜ਼ ਹੀ ਉਸ ਦੀ ਬਣ ਜਾਂਦੀ ਹੈ, ਪਰਮਾਤਮਾ ਉਸ ਦੇ ਅੰਦਰੋਂ (ਮਾਇਆ ਦੀ) ਭੁੱਖ ਦੂਰ ਕਰ ਦੇਂਦਾ ਹੈ । ਸੁਖਦਾਤੇ ਪ੍ਰਭੂ ਨੇ ਉਸ ਨੂੰ ਅਜੇਹਾ (ਨਾਮ-) ਧਨ ਦੇ ਦਿੱਤਾ ਹੈ ਜੋ (ਉਸ ਪਾਸੋਂ) ਕਦੇ ਭੀ ਨਹੀਂ ਮੁੱਕਦਾ । ਗੁਰੂ ਨੇ ਉਸ ਪਰਮਾਤਮਾ ਦੇ ਚਰਨਾਂ ਵਿਚ (ਜਦੋਂ) ਮਿਲਾ ਦਿੱਤਾ, ਤਾਂ ਆਤਮਕ ਅਡੋਲਤਾ ਦੇ ਕਾਰਨ ਉਸ ਦੇ ਅੰਦਰ ਆਨੰਦ ਤੇ ਸਾਰੇ ਸੁਖ ਆ ਵੱਸਦੇ ਹਨ ।੨।

ਹੇ (ਮੇਰੇ) ਮਨ! ਹਰ ਵੇਲੇ ਪਰਮਾਤਮਾ ਦਾ ਨਾਮ ਜਪਿਆ ਕਰ, ਸਿਮਰਿਆ ਕਰ, ਉਚਾਰਿਆ ਕਰ । ਸੰਤ ਜਨਾਂ ਦਾ ਉਪਦੇਸ਼ ਸੁਣ ਕੇ ਜਮਾਂ ਦੀ ਭੀ ਸਾਰੀ ਮੁਥਾਜੀ ਮੁੱਕ ਜਾਂਦੀ ਹੈ । (ਪਰ, ਹੇ ਮਨ!) ਸਤਿਗੁਰੂ ਦੀ ਬਾਣੀ ਵਿਚ ਉਹੀ ਮਨੁੱਖ ਸੁਰਤਿ ਜੋੜਦੇ ਹਨ, ਜਿਨ੍ਹਾਂ ਉਤੇ ਪਿਆਰਾ ਪ੍ਰਭੂ ਆਪ ਦਇਆਵਾਨ ਹੁੰਦਾ ਹੈ ।੩।

ਹੇ ਪ੍ਰਭੂ! ਤੇਰੀ (ਮੇਹਰ ਦੀ) ਕੀਮਤ ਕੌਣ ਪਾ ਸਕਦਾ ਹੈ? ਤੂੰ ਸਾਰੇ ਹੀ ਜੀਵਾਂ ਉੱਤੇ ਮੇਹਰ ਕਰਨ ਵਾਲਾ ਹੈਂ । ਹੇ ਗੋਪਾਲ ਪ੍ਰਭੂ! ਸਾਡੀ ਜੀਵਾਂ ਦੀ ਕੀਹ ਪਾਂਇਆਂ ਹੈ? ਜਗਤ ਵਿਚ ਹਰੇਕ ਕੰਮ ਤੇਰਾ ਹੀ ਕੀਤਾ ਹੋਇਆ ਹੁੰਦਾ ਹੈ । ਹੇ ਪ੍ਰਭੂ! ਨਾਨਕ ਤੇਰਾ ਦਾਸ ਹੈ, (ਇਸ ਦਾਸ ਦੀ) ਰੱਖਿਆ ਉਸੇ ਤਰ੍ਹਾਂ ਕਰਦਾ ਰਹੁ, ਜਿਵੇਂ ਪਿਉ ਆਪਣੇ ਪੁਤਰਾਂ ਉਤੇ ਕਿਰਪਾਲ ਹੋ ਕੇ ਕਰਦਾ ਹੈ ।੪।੧।

ਸੋਰਠਿ ਮਹਲਾ ੫ ਘਰੁ ੧ ਚੌਤੁਕੇ ॥ ਗੁਰੁ ਗੋਵਿੰਦੁ ਸਲਾਹੀਐ ਭਾਈ ਮਨਿ ਤਨਿ ਹਿਰਦੈ ਧਾਰ ॥ ਸਾਚਾ ਸਾਹਿਬੁ ਮਨਿ ਵਸੈ ਭਾਈ ਏਹਾ ਕਰਣੀ ਸਾਰ ॥ ਜਿਤੁ ਤਨਿ ਨਾਮੁ ਨ ਊਪਜੈ ਭਾਈ ਸੇ ਤਨ ਹੋਏ ਛਾਰ ॥ ਸਾਧਸੰਗਤਿ ਕਉ ਵਾਰਿਆ ਭਾਈ ਜਿਨ ਏਕੰਕਾਰ ਅਧਾਰ ॥੧॥ ਸੋਈ ਸਚੁ ਅਰਾਧਣਾ ਭਾਈ ਜਿਸ ਤੇ ਸਭੁ ਕਿਛੁ ਹੋਇ ॥ ਗੁਰਿ ਪੂਰੈ ਜਾਣਾਇਆ ਭਾਈ ਤਿਸੁ ਬਿਨੁ ਅਵਰੁ ਨ ਕੋਇ ॥ ਰਹਾਉ ॥ ਨਾਮ ਵਿਹੂਣੇ ਪਚਿ ਮੁਏ ਭਾਈ ਗਣਤ ਨ ਜਾਇ ਗਣੀ ॥ ਵਿਣੁ ਸਚ ਸੋਚ ਨ ਪਾਈਐ ਭਾਈ ਸਾਚਾ ਅਗਮ ਧਣੀ ॥ ਆਵਣ ਜਾਣੁ ਨ ਚੁਕਈ ਭਾਈ ਝੂਠੀ ਦੁਨੀ ਮਣੀ ॥ ਗੁਰਮੁਖਿ ਕੋਟਿ ਉਧਾਰਦਾ ਭਾਈ ਦੇ ਨਾਵੈ ਏਕ ਕਣੀ ॥੨॥ ਸਿੰਮ੍ਰਿਤਿ ਸਾਸਤ ਸੋਧਿਆ ਭਾਈ ਵਿਣੁ ਸਤਿਗੁਰ ਭਰਮੁ ਨ ਜਾਇ ॥ ਅਨਿਕ ਕਰਮ ਕਰਿ ਥਾਕਿਆ ਭਾਈ ਫਿਰਿ ਫਿਰਿ ਬੰਧਨ ਪਾਇ ॥ ਚਾਰੇ ਕੁੰਡਾ ਸੋਧੀਆ ਭਾਈ ਵਿਣੁ ਸਤਿਗੁਰ ਨਾਹੀ ਜਾਇ ॥ ਵਡਭਾਗੀ ਗੁਰੁ ਪਾਇਆ ਭਾਈ ਹਰਿ ਹਰਿ ਨਾਮੁ ਧਿਆਇ ॥੩॥ ਸਚੁ ਸਦਾ ਹੈ ਨਿਰਮਲਾ ਭਾਈ ਨਿਰਮਲ ਸਾਚੇ ਸੋਇ ॥ ਨਦਰਿ ਕਰੇ ਜਿਸੁ ਆਪਣੀ ਭਾਈ ਤਿਸੁ ਪਰਾਪਤਿ ਹੋਇ ॥ ਕੋਟਿ ਮਧੇ ਜਨੁ ਪਾਈਐ ਭਾਈ ਵਿਰਲਾ ਕੋਈ ਕੋਇ ॥ ਨਾਨਕ ਰਤਾ ਸਚਿ ਨਾਮਿ ਭਾਈ ਸੁਣਿ ਮਨੁ ਤਨੁ ਨਿਰਮਲੁ ਹੋਇ ॥੪॥੨॥ {ਪੰਨਾ 608}

ਨੋਟ:- ਚੌ-ਤੁਕੇ—ਚਾਰ ਚਾਰ ਤੁਕਾਂ ਵਾਲੇ 'ਬੰਦ' । ਇਸ ਸ਼ਬਦ ਦੇ ਹਰੇਕ 'ਬੰਦ' ਵਿਚ ਚਾਰ ਤੁਕਾਂ ਹਨ ।

ਪਦਅਰਥ:- ਸਲਾਹੀਐ—ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ । ਮਨਿ—ਮਨ ਵਿਚ । ਤਨਿ—ਤਨ ਵਿਚ । ਧਾਰ—ਧਾਰਿ, ਧਾਰ ਕੇ, ਟਿਕਾ ਕੇ । ਸਾਚਾ—ਸਦਾ ਕਾਇਮ ਰਹਿਣ ਵਾਲਾ । ਸਾਰ—ਸ੍ਰੇਸ਼ਟ । ਕਰਣੀ—ਕਰਤੱਬ । ਜਿਤੁ—ਜਿਸ ਵਿਚ । ਜਿਤੁ ਤਨਿ—ਜਿਤੁ ਜਿਤੁ ਤਨਿ, ਜਿਸ ਜਿਸ ਸਰੀਰ ਵਿਚ । ਸੇ ਤਨ—ਉਹ (ਸਾਰੇ) ਸਰੀਰ । ਛਾਰ—ਸੁਆਹ । ਕਉ—ਤੋਂ । ਵਾਰਿਆ—ਕੁਰਬਾਨ । ਸਾਧ ਸੰਗਤਿ ਕਉ—ਉਹਨਾਂ ਗੁਰਮੁਖਾਂ ਦੀ ਸੰਗਤਿ ਤੋਂ । ਅਧਾਰ—ਆਸਰਾ ।੧।

ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਜਿਸ ਤੇ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ} ਜਿਸ ਤੋਂ । ਗੁਰਿ—ਗੁਰੂ ਨੇ ।ਰਹਾਉ।

ਪਚਿ—(ਮਾਇਆ ਦੇ ਮੋਹ ਵਿਚ) ਖ਼ੁਆਰ ਹੋ ਹੋ, ਉਲਝ ਕੇ । ਮੁਏ—ਆਤਮਕ ਮੌਤੇ ਮਰ ਗਏ । ਗਣਤ—ਗਿਣਤੀ । ਵਿਣੁ ਸਚ—ਸਦਾ-ਥਿਰ ਪ੍ਰਭੂ (ਦੇ ਨਾਮ) ਤੋਂ ਬਿਨਾ । ਸੋਚ—(ਆਤਮਕ) ਪਵਿਤ੍ਰਤਾ । ਅਗਮ—ਅਪਹੁੰਚ । ਧਣੀ—ਮਾਲਕ । ਦੁਨੀ ਮਣੀ—ਦੁਨੀਆ (ਦੇ ਪਦਾਰਥਾਂ) ਦਾ ਮਾਣ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਕੋਟਿ—ਕ੍ਰੋੜਾਂ ਨੂੰ । ਨਾਵੈ—ਨਾਮ ਦੀ ।੨।

ਸੋਧਿਆ—ਵਿਚਾਰ ਵੇਖੇ ਹਨ । ਭਰਮੁ—ਭਟਕਣਾ । ਨ ਜਾਇ—ਨਹੀਂ ਜਾਂਦੀ । ਪਾਇ—ਸਹੇੜਦਾ ਹੈ । ਜਾਇ—ਥਾਂ । ਧਿਆਇ—ਧਿਆਉਂਦਾ ਹੈ ।੩।

ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਨਿਰਮਲਾ—ਪਵਿਤ੍ਰ । ਸਾਚੇ ਸੋਇ—ਸਦਾ-ਥਿਰ ਪ੍ਰਭੂ ਦੀ ਸੋਭਾ, ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ । ਮਧੇ—ਵਿਚ । ਸਚਿ—ਸਦਾ-ਥਿਰ ਵਿਚ । ਸਚਿ ਨਾਮਿ—ਸਦਾ-ਥਿਰ ਹਰੀ ਦੇ ਨਾਮ ਵਿਚ । ਸੁਣਿ—(ਸੋਇ) ਸੁਣ ਕੇ ।੪।

ਅਰਥ:- ਹੇ ਭਾਈ! ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹੀ ਆਰਾਧਨਾ ਕਰਨੀ ਚਾਹੀਦੀ ਹੈ, ਜਿਸ ਤੋਂ (ਜਗਤ ਦੀ) ਹਰੇਕ ਚੀਜ਼ ਹੋਂਦ ਵਿਚ ਆਈ ਹੈ । ਹੇ ਭਾਈ! ਪੂਰੇ ਗੁਰੂ ਨੇ (ਮੈਨੂੰ ਇਹ) ਸਮਝ ਬਖ਼ਸ਼ੀ ਹੈ ਕਿ ਉਸ (ਪਰਮਾਤਮਾ) ਤੋਂ ਬਿਨਾ ਹੋਰ ਕੋਈ (ਪੂਜਣ-ਜੋਗ) ਨਹੀਂ ਹੈ ।ਰਹਾਉ।

ਹੇ ਭਾਈ! ਮਨ ਵਿਚ, ਤਨ ਵਿਚ, ਹਿਰਦੇ ਵਿਚ, (ਪ੍ਰਭੂ ਨੂੰ) ਟਿਕਾ ਕੇ ਉਸ ਸਭ ਤੋਂ ਵੱਡੇ ਗੋਬਿੰਦ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ । ਮਨੁੱਖ ਵਾਸਤੇ ਸਭ ਤੋਂ ਸ੍ਰੇਸ਼ਟ ਕਰਤੱਬ ਹੈ ਹੀ ਇਹ ਕਿ ਸਦਾ ਕਾਇਮ ਰਹਿਣ ਵਾਲਾ ਮਾਲਕ-ਪ੍ਰਭੂ (ਮਨੁੱਖ ਦੇ) ਮਨ ਵਿਚ ਵੱਸਿਆ ਰਹੇ । ਹੇ ਭਾਈ! ਜਿਸ ਜਿਸ ਸਰੀਰ ਵਿਚ ਪਰਮਾਤਮਾ ਦਾ ਨਾਮ ਪਰਗਟ ਨਹੀਂ ਹੁੰਦਾ ਉਹ ਸਾਰੇ ਸਰੀਰ ਵਿਅਰਥ ਗਏ ਸਮਝੋ । ਹੇ ਭਾਈ! (ਮੈਂ ਤਾਂ ਉਹਨਾਂ ਗੁਰਮੁਖਾਂ ਦੀ ਸੰਗਤਿ ਤੋਂ ਕੁਰਬਾਨ ਜਾਂਦਾ ਹਾਂ ਜਿਨ੍ਹਾਂ ਨੇ ਇੱਕ ਪਰਮਾਤਮਾ (ਦੇ ਨਾਮ ਨੂੰ ਜ਼ਿੰਦਗੀ) ਦਾ ਆਸਰਾ (ਬਣਾਇਆ ਹੋਇਆ) ਹੈ ।੧।

ਹੇ ਭਾਈ! ਉਹਨਾਂ ਮਨੁੱਖਾਂ ਦੀ ਗਿਣਤੀ ਗਿਣੀ ਨਹੀਂ ਜਾ ਸਕਦੀ, ਜੇਹੜੇ ਪਰਮਾਤਮਾ ਦੇ ਨਾਮ ਤੋਂ ਵਾਂਜੇ ਰਹਿ ਕੇ (ਮਾਇਆ ਦੇ ਮੋਹ ਵਿਚ) ਉਲਝ ਕੇ ਆਤਮਕ ਮੌਤੇ ਮਰਦੇ ਰਹਿੰਦੇ ਹਨ । ਹੇ ਭਾਈ! ਸਦਾ-ਥਿਰ ਪ੍ਰਭੂ (ਦੇ ਨਾਮ) ਤੋਂ ਬਿਨਾ ਆਤਮਕ ਪਵਿਤ੍ਰਤਾ ਪ੍ਰਾਪਤ ਨਹੀਂ ਹੋ ਸਕਦੀ । ਉਹ ਸਦਾ-ਥਿਰ ਅਪਹੁੰਚ ਮਾਲਕ ਹੀ (ਪਵਿਤ੍ਰਤਾ ਦਾ ਸੋਮਾ ਹੈ) । ਹੇ ਭਾਈ! (ਪ੍ਰਭੂ ਦੇ ਨਾਮ ਤੋਂ ਬਿਨਾ) ਜਨਮ ਮਰਨ (ਦਾ ਗੇੜ) ਨਹੀਂ ਮੁੱਕਦਾ । ਦੁਨੀਆ ਦੇ ਪਦਾਰਥਾਂ ਦਾ ਮਾਣ ਕੂੜਾ ਹੈ (ਇਹ ਮਾਣ ਤਾਂ ਲੈ ਡੁੱਬਦਾ ਹੈ, ਜਨਮ ਮਰਨ ਵਿਚ ਪਾਈ ਰੱਖਦਾ ਹੈ) । (ਦੂਜੇ ਪਾਸੇ) ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਹਰਿ-ਨਾਮ ਦੀ ਇਕ ਕਣੀ ਹੀ ਦੇ

ਕੇ ਕ੍ਰੋੜਾਂ ਨੂੰ (ਜਨਮ ਮਰਨ ਦੇ ਗੇੜ ਵਿਚੋਂ) ਬਚਾ ਲੈਂਦਾ ਹੈ ।੨।

ਹੇ ਭਾਈ! ਸਿੰਮ੍ਰਿਤੀਆਂ ਸ਼ਾਸਤ੍ਰ ਵਿਚਾਰ ਵੇਖੇ ਹਨ (ਉਹਨਾਂ ਪਾਸੋਂ ਭੀ ਕੁਝ ਨਹੀਂ ਮਿਲਦਾ), ਗੁਰੂ ਤੋਂ ਬਿਨਾ (ਕਿਸੇ ਹੋਰ ਪਾਸੋਂ) ਭਟਕਣਾ ਦੂਰ ਨਹੀਂ ਹੋ ਸਕਦੀ । ਹੇ ਭਾਈ! (ਸ਼ਾਸਤ੍ਰ ਦੇ ਦੱਸੇ ਹੋਏ) ਅਨੇਕਾਂ ਕਰਮ ਕਰ ਕੇ ਮਨੁੱਖ ਥੱਕ ਜਾਂਦਾ ਹੈ, (ਸਗੋਂ) ਮੁੜ ਮੁੜ ਬੰਧਨ ਹੀ ਸਹੇੜਦਾ ਹੈ । ਹੇ ਭਾਈ! ਸਾਰਾ ਜਗਤ ਢੂੰਢ ਕੇ ਵੇਖ ਲਿਆ ਹੈ (ਭਟਕਣਾ ਨੂੰ ਦੂਰ ਕਰਨ ਲਈ) ਗੁਰੂ ਤੋਂ ਬਿਨਾ ਹੋਰ ਕੋਈ ਥਾਂ ਨਹੀਂ ਹੈ । ਹੇ ਭਾਈ! ਜਿਸ ਵਡਭਾਗੀ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ ।੩।

ਹੇ ਭਾਈ! ਸਦਾ-ਥਿਰ ਰਹਿਣ ਵਾਲਾ ਪਰਮਾਤਮਾ (ਹੀ) ਸਦਾ ਪਵਿਤ੍ਰ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਪਵਿਤ੍ਰ ਹੈ । ਹੇ ਭਾਈ! ਇਹ ਸਿਫ਼ਤਿ-ਸਾਲਾਹ ਉਸ ਮਨੁੱਖ ਨੂੰ ਮਿਲਦੀ ਹੈ ਜਿਸ ਉੱਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਤੇ, ਇਹੋ ਜਿਹਾ ਕੋਈ ਮਨੁੱਖ ਕ੍ਰੋੜਾਂ ਵਿਚੋਂ ਹੀ ਇਕ ਲੱਭਦਾ ਹੈ । ਹੇ ਨਾਨਕ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਰੰਗਿਆ ਰਹਿੰਦਾ ਹੈ, (ਪ੍ਰਭੂ ਦੀ ਸਿਫ਼ਤਿ-ਸਾਲਾਹ) ਸੁਣ ਸੁਣ ਕੇ ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦਾ ਸਰੀਰ ਪਵਿਤ੍ਰ ਹੋ ਜਾਂਦਾ ਹੈ ।੪।੨।

ਸੋਰਠਿ ਮਹਲਾ ੫ ਦੁਤੁਕੇ ॥ ਜਉ ਲਉ ਭਾਉ ਅਭਾਉ ਇਹੁ ਮਾਨੈ ਤਉ ਲਉ ਮਿਲਣੁ ਦੂਰਾਈ ॥ ਆਨ ਆਪਨਾ ਕਰਤ ਬੀਚਾਰਾ ਤਉ ਲਉ ਬੀਚੁ ਬਿਖਾਈ ॥੧॥ ਮਾਧਵੇ ਐਸੀ ਦੇਹੁ ਬੁਝਾਈ ॥ ਸੇਵਉ ਸਾਧ ਗਹਉ ਓਟ ਚਰਨਾ ਨਹ ਬਿਸਰੈ ਮੁਹਤੁ ਚਸਾਈ ॥ ਰਹਾਉ ॥ ਰੇ ਮਨ ਮੁਗਧ ਅਚੇਤ ਚੰਚਲ ਚਿਤ ਤੁਮ ਐਸੀ ਰਿਦੈ ਨ ਆਈ ॥ ਪ੍ਰਾਨਪਤਿ ਤਿਆਗਿ ਆਨ ਤੂ ਰਚਿਆ ਉਰਝਿਓ ਸੰਗਿ ਬੈਰਾਈ ॥੨॥ ਸੋਗੁ ਨ ਬਿਆਪੈ ਆਪੁ ਨ ਥਾਪੈ ਸਾਧਸੰਗਤਿ ਬੁਧਿ ਪਾਈ ॥ ਸਾਕਤ ਕਾ ਬਕਨਾ ਇਉ ਜਾਨਉ ਜੈਸੇ ਪਵਨੁ ਝੁਲਾਈ ॥੩॥ ਕੋਟਿ ਪਰਾਧ ਅਛਾਦਿਓ ਇਹੁ ਮਨੁ ਕਹਣਾ ਕਛੂ ਨ ਜਾਈ ॥ ਜਨ ਨਾਨਕ ਦੀਨ ਸਰਨਿ ਆਇਓ ਪ੍ਰਭ ਸਭੁ ਲੇਖਾ ਰਖਹੁ ਉਠਾਈ ॥੪॥੩॥ {ਪੰਨਾ 609}

ਨੋਟ:- ਦੁ-ਤੁਕੇ—ਦੋ ਦੋ ਤੁਕਾਂ ਵਾਲੇ 'ਬੰਦ' ।

ਪਦਅਰਥ:- ਜਉ ਲਉ—ਜਦ ਤਕ । ਭਾਉ—ਪਿਆਰ । ਅਭਾਉ—ਵੈਰ । ਤਉ ਲਉ—ਤਦ ਤਕ । ਦੂਰਾਈ—ਦੂਰ, ਮੁਸ਼ਕਿਲ । ਆਨ—ਬਿਗਾਨਾ । ਬੀਚੁ—ਵਿੱਥ, ਪਰਦਾ । ਬਿਖਾਈ—ਬਿਖਿਆ ਦਾ, ਮਾਇਆ (ਦੇ ਮੋਹ) ਦਾ ।੧।

ਮਾਧਵੇ—{ਮਾ—ਮਾਇਆ । ਧਵ—ਪਤੀ} ਹੇ ਲੱਛਮੀ-ਪਤੀ! ਹੇ ਪ੍ਰਭੂ! ਬੁਝਾਈ—ਮਤਿ, ਸਮਝ । ਸੇਵਉ—ਮੈਂ ਸੇਵਾ ਕਰਦਾ ਰਹਾਂ । ਸਾਧ—ਗੁਰੂ । ਗਹਉ—ਗਹਉਂ, ਮੈਂ ਫੜੀ ਰੱਖਾਂ । ਬਿਸਰੈ—ਭੁੱਲ ਜਾਏ । ਮੁਹਤੁ—ਮੁਹੂਰਤ, ਰਤਾ-ਭਰ ਸਮੇ ਲਈ ਭੀ । ਚਸਾਈ—ਚਸਾ-ਭਰ ਲਈ ਭੀ, ਥੋੜੇ ਜਿਤਨੇ ਸਮੇ ਲਈ ਭੀ ।ਰਹਾਉ।

ਮੁਗਧ—ਮੂਰਖ! ਅਚੇਤ—ਗਾਫ਼ਿਲ! ਚਿਤ—ਹੇ ਚਿੱਤ! ਰਿਦੈ—ਹਿਰਦੇ ਵਿਚ । ਰਿਦੈ ਨ ਆਈ—ਨਾਹ ਸੁੱਝੀ । ਤਿਆਗਿ—ਛੱਡ ਕੇ । ਆਨ—ਹੋਰਨਾਂ ਨਾਲ । ਸੰਗਿ—ਨਾਲ । ਬੈਰਾਈ—ਵੈਰੀ ।੨।

ਨ ਬਿਆਪੈ—ਜ਼ੋਰ ਨਹੀਂ ਪਾਂਦਾ । ਆਪੁ—ਅਪਣੱਤ, ਹਉਮੈ । ਥਾਪੈ—ਸਾਂਭੀ ਰੱਖਦਾ । ਸਾਕਤ—ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ । ਜਾਨਉ—ਜਾਨਉਂ, ਮੈਂ ਜਾਣਦਾ ਹਾਂ । ਪਵਨੁ ਝੁਲਾਈ—ਹਵਾ ਦਾ ਝੋਕਾ ।੩।

ਕੋਟਿ—ਕ੍ਰੋੜਾਂ । ਅਛਾਦਿਓ—ਢਕਿਆ ਹੋਇਆ, ਦਬਾਇਆ ਹੋਇਆ । ਰਖਹੁ ਉਠਾਈ—ਮੁਕਾ ਦੇਹ ।੪।

ਅਰਥ:– ਹੇ ਪ੍ਰਭੂ! ਮੈਨੂੰ ਇਹੋ ਜਿਹੀ ਅਕਲ ਬਖ਼ਸ਼ (ਕਿ) ਮੈਂ ਗੁਰੂ ਦੀ (ਦੱਸੀ) ਸੇਵਾ ਕਰਦਾ ਰਹਾਂ, ਗੁਰੂ ਦੇ ਚਰਨਾਂ ਦਾ ਆਸਰਾ ਫੜੀ ਰੱਖਾਂ । (ਇਹ ਆਸਰਾ) ਮੈਨੂੰ ਰਤਾ–ਭਰ ਸਮੇ ਲਈ ਭੀ ਨਾਹ ਭੁੱਲੇ ।ਰਹਾਉ।

ਹੇ ਭਾਈ! ਜਦੋਂ ਤਕ (ਮਨੁੱਖ ਦਾ) ਇਹ ਮਨ (ਕਿਸੇ ਨਾਲ) ਮੋਹ (ਤੇ ਕਿਸੇ ਨਾਲ) ਵੈਰ ਮੰਨਦਾ ਹੈ, ਤਦੋਂ ਤਕ (ਇਸ ਦਾ ਪਰਮਾਤਮਾ ਨਾਲ) ਮਿਲਾਪ ਦੂਰ ਦੀ ਗੱਲ ਹੁੰਦੀ ਹੈ, (ਕਿਉਂਕਿ ਜਦੋਂ ਤਕ ਇਹ ਕਿਸੇ ਨੂੰ) ਆਪਣਾ (ਤੇ ਕਿਸੇ ਨੂੰ) ਬਿਗਾਨਾ (ਮੰਨਣ ਦੀਆਂ) ਵਿਚਾਰਾਂ ਕਰਦਾ ਹੈ, ਤਦੋਂ ਤਕ (ਇਸ ਦੇ ਅੰਦਰ) ਮਾਇਆ (ਦੇ ਮੋਹ ਦਾ) ਪਰਦਾ ਬਣਿਆ ਰਹਿੰਦਾ ਹੈ (ਜੋ ਇਸ ਨੂੰ ਪਰਮਾਤਮਾ ਨਾਲੋਂ ਵਿਛੋੜੀ ਰੱਖਦਾ ਹੈ) ।੧।

ਹੇ ਮੂਰਖ ਗ਼ਾਫ਼ਿਲ ਮਨ! ਹੇ ਚੰਚਲ ਮਨ! ਤੈਨੂੰ ਕਦੇ ਇਹ ਨਹੀਂ ਸੁੱਝੀ ਕਿ ਤੂੰ ਜਿੰਦ ਦੇ ਮਾਲਕ ਪ੍ਰਭੂ ਨੂੰ ਭੁਲਾ ਕੇ ਹੋਰਨਾਂ (ਦੇ ਮੋਹ) ਵਿਚ ਮਸਤ ਰਹਿੰਦਾ ਹੈਂ, (ਤੇ ਕਾਮਾਦਿਕ) ਵੈਰੀਆਂ ਨਾਲ ਜੋੜ ਜੋੜੀ ਰੱਖਦਾ ਹੈਂ ।੨।

ਹੇ ਭਾਈ! ਸਾਧ ਸੰਗਤਿ ਵਿਚੋਂ ਮੈਂ ਤਾਂ ਇਹ ਅਕਲ ਸਿੱਖੀ ਹੈ ਕਿ ਜੇਹੜਾ ਮਨੁੱਖ ਅਪਣੱਤ ਨਾਲ ਨਹੀਂ ਚੰਬੜਿਆ ਰਹਿੰਦਾ, ਉਸ ਉਤੇ ਚਿੰਤਾ–ਫ਼ਿਕਰ ਜ਼ੋਰ ਨਹੀਂ ਪਾ ਸਕਦਾ (ਤਾਂਹੀਏਂ) ਮੈਂ ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦੀ ਗੱਲ ਨੂੰ ਇਉਂ ਸਮਝ ਛਡਦਾ ਹਾਂ ਜਿਵੇਂ ਇਹ ਹਵਾ ਦਾ ਝੋਕਾ ਹੈ (ਇਕ ਪਾਸਿਓਂ ਆਇਆ, ਦੂਜੇ ਪਾਸੇ ਲੰਘ ਗਿਆ) ।੩।

ਹੇ ਭਾਈ! (ਮਨੁੱਖ ਦਾ) ਇਹ ਮਨ ਕ੍ਰੋੜਾਂ ਪਾਪਾਂ ਹੇਠ ਦਬਿਆ ਰਹਿੰਦਾ ਹੈ (ਇਸ ਮਨ ਦੀ ਮੰਦ–ਭਾਗਤਾ ਬਾਬਤ) ਕੁਝ ਕਿਹਾ ਨਹੀਂ ਜਾ ਸਕਦਾ । ਹੇ ਦਾਸ ਨਾਨਕ! (ਪ੍ਰਭੂ–ਦਰ ਤੇ ਹੀ ਅਰਦਾਸਿ ਕਰ ਤੇ ਆਖ—) ਹੇ ਪ੍ਰਭੂ! ਮੈਂ ਨਿਮਾਣਾ ਤੇਰੀ ਸਰਨ ਆਇਆ ਹਾਂ (ਮੇਰੇ ਵਿਕਾਰਾਂ ਦਾ) ਸਾਰਾ ਲੇਖਾ ਮੁਕਾ ਦੇਹ ।੪।੩।

ਸੋਰਠਿ ਮਹਲਾ ੫ ॥ ਪੁਤ੍ਰ ਕਲਤ੍ਰ ਲੋਕ ਗ੍ਰਿਹ ਬਨਿਤਾ ਮਾਇਆ ਸਨਬੰਧੇਹੀ ॥ ਅੰਤ ਕੀ ਬਾਰ ਕੋ ਖਰਾ ਨ ਹੋਸੀ ਸਭ ਮਿਥਿਆ ਅਸਨੇਹੀ ॥੧॥ ਰੇ ਨਰ ਕਾਹੇ ਪਪੋਰਹੁ ਦੇਹੀ ॥ ਊਡਿ ਜਾਇਗੋ ਧੂਮੁ ਬਾਦਰੋ ਇਕੁ ਭਾਜਹੁ ਰਾਮੁ ਸਨੇਹੀ ॥ ਰਹਾਉ ॥ ਤੀਨਿ ਸੰਙਿਆ ਕਰਿ ਦੇਹੀ ਕੀਨੀ ਜਲ ਕੂਕਰ ਭਸਮੇਹੀ ॥ ਹੋਇ ਆਮਰੋ ਗ੍ਰਿਹ ਮਹਿ ਬੈਠਾ ਕਰਣ ਕਾਰਣ ਬਿਸਰੋਹੀ ॥੨॥ ਅਨਿਕ ਭਾਤਿ ਕਰਿ ਮਣੀਏ ਸਾਜੇ ਕਾਚੈ ਤਾਗਿ ਪਰੋਹੀ ॥ ਤੂਟਿ ਜਾਇਗੋ ਸੂਤੁ ਬਾਪੁਰੇ ਫਿਰਿ ਪਾਛੈ ਪਛੁਤੋਹੀ ॥੩॥ ਜਿਨਿ ਤੁਮ ਸਿਰਜੇ ਸਿਰਜਿ ਸਵਾਰੇ ਤਿਸੁ ਧਿਆਵਹੁ ਦਿਨੁ ਰੈਨੇਹੀ ॥ ਜਨ ਨਾਨਕ ਪ੍ਰਭ ਕਿਰਪਾ ਧਾਰੀ ਮੈ ਸਤਿਗੁਰ ਓਟ ਗਹੇਹੀ ॥੪॥੪॥ {ਪੰਨਾ 609}

ਪਦਅਰਥ:- ਕਲਤ੍ਰ—ਇਸਤ੍ਰੀ । ਲੋਕ ਗ੍ਰਿਹ—ਘਰ ਦੇ ਲੋਕ । ਬਨਿਤਾ—ਇਸਤ੍ਰੀ । ਸਨਬੰਧੇਹੀ—ਸਨਬੰਧੀ ਹੀ । ਬਾਰ—ਵੇਲੇ । ਖਰਾ—ਮਦਦਗਾਰ । ਹੋਸੀ—ਹੋਵੇਗਾ । ਮਿਥਿਆ—ਝੂਠਾ । ਅਸਨੇਹੀ—ਪਿਆਰ ਕਰਨ ਵਾਲੇ ।੧।

ਪਪੋਰਹੁ ਦੇਹੀ—ਸਰੀਰ ਨੂੰ ਲਾਡਾਂ ਨਾਲ ਪਾਲਦੇ ਹੋ । ਧੂਮੁ—ਧੂਆਂ । ਬਾਦਰੋ—ਬੱਦਲ । ਇਕੁ—ਸਿਰਫ਼ । ਭਾਜਹੁ—ਭਜਹੁ, ਸਿਮਰੋ । ਸਨੇਹੀ—ਪਿਆਰ ਕਰਨ ਵਾਲਾ ।ਰਹਾਉ।

ਤੀਨਿ ਸੰਙਿਆ ਕਰਿ—(ਮਾਇਆ ਦੇ) ਤਿੰਨ ਗੁਣ ਰਲਾ ਕੇ । ਦੇਹੀ—ਸਰੀਰ । ਕੂਕਰ—ਕੁੱਤੇ । ਭਸਮੇਹੀ—ਸੁਆਹ ਮਿੱਟੀ । ਆਮਰੋ—ਅਮਰ । ਕਰਣ ਕਾਰਣ—ਜਗਤ ਦਾ ਮੂਲ । ਬਿਸਰੋਹੀ—ਤੈਨੂੰ ਭੁੱਲ ਗਿਆ ਹੈ ।੨।

ਮਣੀਏ—(ਸਾਰੇ ਅੰਗ) ਮਣਕੇ । ਸਾਜੇ—ਬਣਾਏ । ਤਾਗਿ—ਧਾਗੇ ਵਿਚ । ਸੂਤੁ—ਧਾਗਾ । ਬਾਪੁਰੇ—ਹੇ ਨਿਮਾਣੇ (ਜੀਵ)! ।੩।

ਜਿਨਿ—ਜਿਸ (ਪਰਮਾਤਮਾ) ਨੇ । ਤੁਮ—ਤੈਨੂੰ । ਸਿਰਜਿ—ਪੈਦਾ ਕਰ ਕੇ । ਸਵਾਰੇ—ਸਜਾਇਆ ਹੈ, ਸੋਹਣਾ ਬਣਾਇਆ ਹੈ । ਰੈਨੇਹੀ—ਰਾਤ । ਪ੍ਰਭ—ਹੇ ਪ੍ਰਭੂ! ਧਾਰੀ—ਧਾਰਿ । ਗਹੇਹੀ—ਫੜਾਂ ।੪।

ਅਰਥ:- ਹੇ ਮਨੁੱਖ! (ਨਿਰਾ ਇਸ) ਸਰੀਰ ਨੂੰ ਹੀ ਕਿਉਂ ਲਾਡਾਂ ਨਾਲ ਪਾਲਦਾ ਰਹਿੰਦਾ ਹੈਂ? (ਜਿਵੇਂ) ਧੂਆਂ, (ਜਿਵੇਂ) ਬੱਦਲ (ਉੱਡ ਜਾਂਦਾ ਹੈ, ਤਿਵੇਂ ਇਹ ਸਰੀਰ) ਨਾਸ ਹੋ ਜਾਇਗਾ । ਸਿਰਫ਼ ਪਰਮਾਤਮਾ ਦਾ ਭਜਨ ਕਰਿਆ ਕਰ, ਉਹੀ ਅਸਲ ਪਿਆਰ ਕਰਨ ਵਾਲਾ ਹੈ ।ਰਹਾਉ।

ਹੇ ਭਾਈ! ਪੁਤ੍ਰ, ਇਸਤ੍ਰੀ, ਘਰ ਦੇ ਹੋਰ ਬੰਦੇ ਤੇ ਜ਼ਨਾਨੀਆਂ (ਸਾਰੇ) ਮਾਇਆ ਦੇ ਹੀ ਸਾਕ ਹਨ । ਅਖ਼ੀਰ ਵੇਲੇ (ਇਹਨਾਂ ਵਿਚੋਂ) ਕੋਈ ਭੀ ਤੇਰਾ ਮਦਦਗਾਰ ਨਹੀਂ ਬਣੇਗਾ, ਸਾਰੇ ਝੂਠਾ ਹੀ ਪਿਆਰ ਕਰਨ ਵਾਲੇ ਹਨ ।੧।

ਹੇ ਭਾਈ! (ਪਰਮਾਤਮਾ ਨੇ) ਮਾਇਆ ਦੇ ਤਿੰਨ ਗੁਣਾਂ ਦੇ ਅਸਰ ਹੇਠ ਰਹਿਣ ਵਾਲਾ ਤੇਰਾ ਸਰੀਰ ਬਣਾ ਦਿੱਤਾ, (ਇਹ ਅੰਤ ਨੂੰ) ਪਾਣੀ ਦੇ, ਕੁੱਤਿਆਂ ਦੇ, ਜਾਂ, ਮਿੱਟੀ ਦੇ ਹਵਾਲੇ ਹੋ ਜਾਂਦਾ ਹੈ । ਤੂੰ ਇਸ ਸਰੀਰ-ਘਰ ਵਿਚ (ਆਪਣੇ ਆਪ ਨੂੰ) ਅਮਰ ਸਮਝ ਕੇ ਬੈਠਾ ਰਹਿੰਦਾ ਹੈਂ, ਤੇ ਜਗਤ ਦੇ ਮੂਲ ਪਰਮਾਤਮਾ ਨੂੰ ਭੁਲਾ ਰਿਹਾ ਹੈਂ ।੨।

ਹੇ ਭਾਈ! ਅਨੇਕਾਂ ਤਰੀਕਿਆਂ ਨਾਲ (ਪਰਮਾਤਮਾ ਨੇ ਤੇਰੇ ਸਾਰੇ ਅੰਗ) ਮਣਕੇ ਬਣਾਏ ਹਨ; (ਪਰ ਸੁਆਸਾਂ ਦੇ) ਕੱਚੇ ਧਾਗੇ ਵਿਚ ਪਰੋਏ ਹੋਏ ਹਨ । ਹੇ ਨਿਮਾਣੇ ਜੀਵ! ਇਹ ਧਾਗਾ (ਆਖ਼ਰ) ਟੁੱਟ ਜਾਇਗਾ, (ਹੁਣ ਇਸ ਸਰੀਰ ਦੇ ਮੋਹ ਵਿਚ ਪ੍ਰਭੂ ਨੂੰ ਵਿਸਾਰੀ ਬੈਠਾ ਹੈਂ) ਫਿਰ ਸਮਾ ਵਿਹਾ ਜਾਣ ਤੇ ਹੱਥ ਮਲੇਂਗਾ ।੩।

ਹੇ ਭਾਈ! ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕੀਤਾ ਹੈ, ਪੈਦਾ ਕਰ ਕੇ ਤੈਨੂੰ ਸੋਹਣਾ ਬਣਾਇਆ ਹੈ ਉਸ ਨੂੰ ਦਿਨ ਰਾਤ (ਹਰ ਵੇਲੇ) ਸਿਮਰਦਾ ਰਿਹਾ ਕਰ । ਹੇ ਦਾਸ ਨਾਨਕ! (ਅਰਦਾਸ ਕਰ ਤੇ ਆਖ—) ਹੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਂ ਗੁਰੂ ਦਾ ਆਸਰਾ ਫੜੀ ਰੱਖਾਂ ।੪।੪।

ਸੋਰਠਿ ਮਹਲਾ ੫ ॥ ਗੁਰੁ ਪੂਰਾ ਭੇਟਿਓ ਵਡਭਾਗੀ ਮਨਹਿ ਭਇਆ ਪਰਗਾਸਾ ॥ ਕੋਇ ਨ ਪਹੁਚਨਹਾਰਾ ਦੂਜਾ ਅਪੁਨੇ ਸਾਹਿਬ ਕਾ ਭਰਵਾਸਾ ॥੧॥ ਅਪੁਨੇ ਸਤਿਗੁਰ ਕੈ ਬਲਿਹਾਰੈ ॥ ਆਗੈ ਸੁਖੁ ਪਾਛੈ ਸੁਖ ਸਹਜਾ ਘਰਿ ਆਨੰਦੁ ਹਮਾਰੈ ॥ ਰਹਾਉ ॥ ਅੰਤਰਜਾਮੀ ਕਰਣੈਹਾਰਾ ਸੋਈ ਖਸਮੁ ਹਮਾਰਾ ॥ ਨਿਰਭਉ ਭਏ ਗੁਰ ਚਰਣੀ ਲਾਗੇ ਇਕ ਰਾਮ ਨਾਮ ਆਧਾਰਾ ॥੨॥ ਸਫਲ ਦਰਸਨੁ ਅਕਾਲ ਮੂਰਤਿ ਪ੍ਰਭੁ ਹੈ ਭੀ ਹੋਵਨਹਾਰਾ ॥ ਕੰਠਿ ਲਗਾਇ ਅਪੁਨੇ ਜਨ ਰਾਖੇ ਅਪੁਨੀ ਪ੍ਰੀਤਿ ਪਿਆਰਾ ॥੩॥ ਵਡੀ ਵਡਿਆਈ ਅਚਰਜ ਸੋਭਾ ਕਾਰਜੁ ਆਇਆ ਰਾਸੇ ॥ ਨਾਨਕ ਕਉ ਗੁਰੁ ਪੂਰਾ ਭੇਟਿਓ ਸਗਲੇ ਦੂਖ ਬਿਨਾਸੇ ॥੪॥੫॥ {ਪੰਨਾ 609}

ਪਦਅਰਥ:- ਭੇਟਿਓ—ਮਿਲਿਆ ਹੈ । ਵਡ ਭਾਗੀ—ਵੱਡੇ ਭਾਗਾਂ ਨਾਲ । ਮਨਹਿ—ਮਨ ਵਿਚ । ਪਰਗਾਸਾ—(ਆਤਮਕ ਜੀਵਨ ਦਾ) ਚਾਨਣ । ਸਾਹਿਬ—ਮਾਲਕ । ਭਰਵਾਸਾ—ਭਰੋਸਾ, ਸਹਾਰਾ ।੧।

ਕੈ—ਤੋਂ । ਬਲਿਹਾਰੈ—ਸਦਕੇ । ਆਗੈ ਪਾਛੈ—ਲੋਕ ਪਰਲੋਕ ਵਿਚ, ਹਰ ਥਾਂ । ਸਹਜਾ—ਆਤਮਕ ਅਡੋਲਤਾ । ਘਰਿ—ਹਿਰਦੇ-ਘਰ ਵਿਚ ।ਰਹਾਉ।

ਅੰਤਰਜਾਮੀ—ਸਭ ਦੇ ਦਿਲ ਦੀ ਜਾਣਨ ਵਾਲਾ । ਕਰਣੈਹਾਰਾ—ਪੈਦਾ ਕਰਨ ਵਾਲਾ । ਸੋਈ—ਉਹ ਹੀ । ਆਧਾਰਾ—ਆਸਰਾ ।੨।

ਸਫਲ ਦਰਸਨੁ—ਜਿਸ (ਪ੍ਰਭੂ) ਦਾ ਦਰਸਨ ਜੀਵਨ-ਮਨੋਰਥ ਪੂਰਾ ਕਰਦਾ ਹੈ । ਅਕਾਲ ਮੂਰਤਿ—ਜਿਸ ਦੀ ਹਸਤੀ ਮੌਤ ਤੋਂ ਰਹਿਤ ਹੈ । ਹੋਵਨਹਾਰਾ—ਸਦਾ ਹੀ ਜੀਊਂਦਾ ਰਹਿਣ ਵਾਲਾ । ਕੰਠਿ—ਗਲ ਨਾਲ । ਲਗਾਇ—ਲਾ ਕੇ ।੩।

ਕਾਰਜੁ—ਜ਼ਿੰਦਗੀ ਦਾ ਮਨੋਰਥ । ਆਇਆ ਰਾਸੇ—ਰਾਸਿ ਆਇਆ, ਸਿਰੇ ਚੜ੍ਹ ਗਿਆ ਹੈ । ਸਗਲੇ—ਸਾਰੇ ।੪।

ਅਰਥ:– ਹੇ ਭਾਈ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ, (ਗੁਰੂ ਦੀ ਕਿਰਪਾ ਨਾਲ) ਮੇਰੇ ਹਿਰਦੇ-ਘਰ ਵਿਚ ਆਨੰਦ ਬਣਿਆ ਰਹਿੰਦਾ ਹੈ, ਇਸ ਲੋਕ ਵਿਚ ਭੀ ਆਤਮਕ ਅਡੋਲਤਾ ਦਾ ਸੁਖ ਮੈਨੂੰ ਪ੍ਰਾਪਤ ਹੋ ਗਿਆ ਹੈ, ਤੇ, ਪਰਲੋਕ ਵਿਚ ਭੀ ਇਹ ਸੁਖ ਟਿਕਿਆ ਰਹਿਣ ਵਾਲਾ ਹੈ ।ਰਹਾਉ।

ਹੇ ਭਾਈ! ਵੱਡੀ ਕਿਸਮਤਿ ਨਾਲ ਮੈਨੂੰ ਪੂਰਾ ਗੁਰੂ ਮਿਲ ਪਿਆ ਹੈ, ਮੇਰੇ ਮਨ ਵਿਚ ਆਤਮਕ ਜੀਵਨ ਦੀ ਸੂਝ ਪੈਦਾ ਹੋ ਗਈ ਹੈ । ਹੁਣ ਮੈਨੂੰ ਆਪਣੇ ਮਾਲਕ ਦਾ ਸਹਾਰਾ ਹੋ ਗਿਆ ਹੈ, ਕੋਈ ਉਸ ਮਾਲਕ ਦੀ ਬਰਾਬਰੀ ਨਹੀਂ ਕਰ ਸਕਦਾ ।੧।

ਹੇ ਭਾਈ! ਜਦੋਂ ਦਾ ਮੈਂ ਗੁਰੂ ਦੀ ਚਰਨੀਂ ਲੱਗਾ ਹਾਂ, ਮੈਨੂੰ ਪਰਮਾਤਮਾ ਦੇ ਨਾਮ ਦਾ ਆਸਰਾ ਹੋ ਗਿਆ ਹੈ, ਕੋਈ ਡਰ ਮੈਨੂੰ ਹੁਣ ਪੋਹ ਨਹੀਂ ਸਕਦਾ (ਮੈਨੂੰ ਨਿਸ਼ਚਾ ਹੋ ਗਿਆ ਹੈ ਕਿ ਜੇਹੜਾ) ਸਿਰਜਣਹਾਰ ਸਭ ਦੇ ਦਿਲ ਦੀ ਜਾਣਨ ਵਾਲਾ ਹੈ ਉਹੀ ਮੇਰੇ ਸਿਰ ਉਤੇ ਰਾਖਾ ਹੈ ।੨।

(ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੈਨੂੰ ਯਕੀਨ ਬਣ ਗਿਆ ਹੈ ਕਿ) ਜਿਸ ਪਰਮਾਤਮਾ ਦਾ ਦਰਸ਼ਨ ਮਨੁੱਖਾ ਜਨਮ ਦਾ ਫਲ ਦੇਣ ਵਾਲਾ ਹੈ, ਜਿਸ ਪਰਮਾਤਮਾ ਦੀ ਹਸਤੀ ਮੌਤ ਤੋਂ ਰਹਿਤ ਹੈ, ਉਹ ਇਸ ਵੇਲੇ ਭੀ (ਮੇਰੇ ਸਿਰ ਉਤੇ) ਮੌਜੂਦ ਹੈ, ਤੇ, ਸਦਾ ਕਾਇਮ ਰਹਿਣ ਵਾਲਾ ਹੈ । ਉਹ ਪ੍ਰਭੂ ਆਪਣੀ ਪ੍ਰੀਤਿ ਦੀ ਆਪਣੇ ਪਿਆਰ ਦੀ ਦਾਤਿ ਦੇ ਕੇ ਆਪਣੇ ਸੇਵਕਾਂ ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ ।੩।

ਹੇ ਭਾਈ! ਮੈਨੂੰ ਨਾਨਕ ਨੂੰ ਪੂਰਾ ਗੁਰੂ ਮਿਲ ਪਿਆ ਹੈ, ਮੇਰੇ ਸਾਰੇ ਦੁੱਖ ਦੂਰ ਹੋ ਗਏ ਹਨ । ਉਹ ਗੁਰੂ ਬੜੀ ਵਡਿਆਈ ਵਾਲਾ ਹੈ, ਅਚਰਜ ਸੋਭਾ ਵਾਲਾ ਹੈ, ਉਸ ਦੀ ਸਰਨ ਪਿਆਂ ਜ਼ਿੰਦਗੀ ਦਾ ਮਨੋਰਥ ਪ੍ਰਾਪਤ ਹੋ ਜਾਂਦਾ ਹੈ ।੪।੫।

ਸੋਰਠਿ ਮਹਲਾ ੫ ॥ ਸੁਖੀਏ ਕਉ ਪੇਖੈ ਸਭ ਸੁਖੀਆ ਰੋਗੀ ਕੈ ਭਾਣੈ ਸਭ ਰੋਗੀ ॥ ਕਰਣ ਕਰਾਵਨਹਾਰ ਸੁਆਮੀ ਆਪਨ ਹਾਥਿ ਸੰਜੋਗੀ ॥੧॥ ਮਨ ਮੇਰੇ ਜਿਨਿ ਅਪੁਨਾ ਭਰਮੁ ਗਵਾਤਾ ॥ ਤਿਸ ਕੈ ਭਾਣੈ ਕੋਇ ਨ ਭੂਲਾ ਜਿਨਿ ਸਗਲੋ ਬ੍ਰਹਮੁ ਪਛਾਤਾ ॥ ਰਹਾਉ ॥ ਸੰਤ ਸੰਗਿ ਜਾ ਕਾ ਮਨੁ ਸੀਤਲੁ ਓਹੁ ਜਾਣੈ ਸਗਲੀ ਠਾਂਢੀ ॥ ਹਉਮੈ ਰੋਗਿ ਜਾ ਕਾ ਮਨੁ ਬਿਆਪਿਤ ਓਹੁ ਜਨਮਿ ਮਰੈ ਬਿਲਲਾਤੀ ॥੨॥ ਗਿਆਨ ਅੰਜਨੁ ਜਾ ਕੀ ਨੇਤ੍ਰੀ ਪੜਿਆ ਤਾ ਕਉ ਸਰਬ ਪ੍ਰਗਾਸਾ ॥ ਅਗਿਆਨਿ ਅੰਧੇਰੈ ਸੂਝਸਿ ਨਾਹੀ ਬਹੁੜਿ ਬਹੁੜਿ ਭਰਮਾਤਾ ॥੩॥ ਸੁਣਿ ਬੇਨੰਤੀ ਸੁਆਮੀ ਅਪੁਨੇ ਨਾਨਕੁ ਇਹੁ ਸੁਖੁ ਮਾਗੈ ॥ ਜਹ ਕੀਰਤਨੁ ਤੇਰਾ ਸਾਧੂ ਗਾਵਹਿ ਤਹ ਮੇਰਾ ਮਨੁ ਲਾਗੈ ॥੪॥੬॥ {ਪੰਨਾ 610}

ਪਦਅਰਥ:- ਸੁਖੀਆ—(ਆਤਮਕ) ਸੁਖ ਮਾਣਨ ਵਾਲਾ । ਕਉ—ਨੂੰ । ਪੇਖੈ—ਦਿੱਸਦਾ ਹੈ । ਕੈ ਭਾਣੈ—ਦੇ ਖ਼ਿਆਲ ਵਿਚ । ਰੋਗੀ—(ਵਿਕਾਰਾਂ ਦੇ) ਰੋਗ ਵਿਚ ਫਸਿਆ ਹੋਇਆ । ਕਰਾਵਨਹਾਰ—(ਜੀਵਾਂ ਪਾਸੋਂ) ਕਰਾਣ ਦੀ ਸਮਰਥਾ ਰੱਖਣ ਵਾਲਾ । ਹਾਥਿ—ਹੱਥ ਵਿਚ । ਸੰਜੋਗੀ—(ਆਤਮਕ ਸੁਖ ਤੇ ਆਤਮਕ ਰੋਗ ਦਾ) ਮੇਲ ।੧।

ਜਿਨਿ—ਜਿਸ (ਮਨੁੱਖ) ਨੇ । ਭਰਮੁ—ਭਟਕਣਾ । ਤਿਸ ਕੈ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੈ' ਦੇ ਕਾਰਨ ਉੱਡ ਗਿਆ ਹੈ} । ਸਗਲੋ—ਸਭ ਵਿਚ ।ਰਹਾਉ।

ਸੰਗਿ—ਸੰਗਤਿ ਵਿਚ । ਸੀਤਲੁ—ਸ਼ਾਂਤ, ਠੰਡਾ । ਸਗਲੀ—ਸਾਰੀ ਲੁਕਾਈ । ਰੋਗਿ—ਰੋਗ ਵਿਚ । ਬਿਆਪਿਤ—ਫਸਿਆ ਹੋਇਆ । ਜਨਮਿ ਮਰੈ—ਜੰਮਦਾ ਮਰਦਾ ਰਹਿੰਦਾ ਹੈ । ਬਿਲਲਾਤੀ—ਵਿਲਕਦਾ, ਦੁੱਖੀ ਹੁੰਦਾ ।੨।

ਗਿਆਨ ਅੰਜਨੁ—ਆਤਮਕ ਜੀਵਨ ਦੀ ਸੂਝ ਦਾ ਸੁਰਮਾ । ਨੇਤ੍ਰੀ—ਅੱਖਾਂ ਵਿਚ । ਪ੍ਰਗਾਸਾ—ਚਾਨਣ । ਅਗਿਆਨਿ—ਗਿਆਨ-ਹੀਣ ਮਨੁੱਖ ਨੂੰ । ਅੰਧੇਰੈ—ਹਨੇਰੇ ਵਿਚ । ਬਹੁੜਿ ਬਹੁੜਿ—ਮੁੜ ਮੁੜ ।੩।

ਸੁਆਮੀ ਅਪੁਨੇ—ਹੇ ਮੇਰੇ ਸੁਆਮੀ! ਨਾਨਕੁ ਮਾਗੈ—ਨਾਨਕ ਮੰਗਦਾ ਹੈ । ਜਹ—ਜਿੱਥੇ । ਗਾਵਹਿ—ਗਾਉਂਦੇ ਹਨ । ਲਾਗੈ—ਪਰਚਿਆ ਰਹੇ ।੪।

ਅਰਥ:- ਹੇ ਮੇਰੇ ਮਨ! ਜਿਸ ਮਨੁੱਖ ਨੇ ਆਪਣੇ ਅੰਦਰੋਂ ਮੇਰ-ਤੇਰ ਗਵਾ ਲਈ ਜਿਸ ਨੇ ਸਭ ਜੀਵਾਂ ਵਿਚ ਪਰਮਾਤਮਾ ਵੱਸਦਾ ਪਛਾਣ ਲਿਆ, ਉਸ ਦੇ ਖ਼ਿਆਲ ਵਿਚ ਕੋਈ ਜੀਵ ਕੁਰਾਹੇ ਨਹੀਂ ਜਾ ਰਿਹਾ ।ਰਹਾਉ।

ਹੇ ਭਾਈ! ਆਤਮਕ ਸੁਖ ਮਾਣਨ ਵਾਲੇ ਨੂੰ ਹਰੇਕ ਮਨੁੱਖ ਆਤਮਕ ਸੁਖ ਮਾਣਦਾ ਦਿਸਦਾ ਹੈ, (ਵਿਕਾਰਾਂ ਦੇ) ਰੋਗ ਵਿਚ ਫਸੇ ਹੋਏ ਦੇ ਖ਼ਿਆਲ ਵਿਚ ਸਾਰੀ ਲੁਕਾਈ ਹੀ ਵਿਕਾਰੀ ਹੈ । (ਆਪਣੇ ਅੰਦਰੋਂ ਮੇਰ-ਤੇਰ ਗਵਾ ਚੁਕੇ ਮਨੁੱਖ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਮਾਲਕ-ਪ੍ਰਭੂ ਹੀ ਸਭ ਕੁਝ ਕਰਨ ਦੀ ਸਮਰਥਾ ਵਾਲਾ ਹੈ ਜੀਵਾਂ ਪਾਸੋਂ ਕਰਾਣ ਦੀ ਤਾਕਤ ਵਾਲਾ ਹੈ, (ਜੀਵਾਂ ਲਈ ਆਤਮਕ ਸੁਖ ਤੇ ਆਤਮਕ ਦੁੱਖ ਦਾ) ਮੇਲ ਉਸ ਨੇ ਆਪਣੇ ਹੱਥ ਵਿਚ ਰੱਖਿਆ ਹੋਇਆ ਹੈ ।੧।

ਹੇ ਭਾਈ! ਸਾਧ ਸੰਗਤਿ ਵਿਚ ਰਹਿ ਕੇ ਜਿਸ ਮਨੁੱਖ ਦਾ ਮਨ (ਵਿਕਾਰਾਂ ਵਲੋਂ) ਸ਼ਾਂਤ ਹੋ ਜਾਂਦਾ ਹੈ, ਉਹ ਸਾਰੀ ਲੁਕਾਈ ਨੂੰ ਹੀ ਸ਼ਾਂਤ-ਚਿੱਤ ਸਮਝਦਾ ਹੈ । ਪਰ ਜਿਸ ਮਨੁੱਖ ਦਾ ਮਨ ਹਉਮੈ-ਰੋਗ ਵਿਚ ਫਸਿਆ ਰਹਿੰਦਾ ਹੈ, ਉਹ ਸਦਾ ਦੁੱਖੀ ਰਹਿੰਦਾ ਹੈ, ਉਹ (ਹਉਮੈ ਵਿਚ) ਜਨਮ ਲੈ ਕੇ ਆਤਮਕ ਮੌਤ ਸਹੇੜੀ ਰੱਖਦਾ ਹੈ ।੨।

ਹੇ ਭਾਈ! ਆਤਮਕ ਜੀਵਨ ਦੀ ਸੂਝ ਦਾ ਸੁਰਮਾ ਜਿਸ ਮਨੁੱਖ ਦੀਆਂ ਅੱਖਾਂ ਵਿਚ ਪੈ ਜਾਂਦਾ ਹੈ, ਉਸ ਨੂੰ ਆਤਮਕ ਜੀਵਨ ਦੀ ਸਾਰੀ ਸਮਝ ਪੈ ਜਾਂਦੀ ਹੈ । ਪਰ ਗਿਆਨ-ਹੀਣ ਮਨੁੱਖ ਨੂੰ ਅਗਿਆਨਤਾ ਦੇ ਹਨੇਰੇ ਵਿਚ (ਸਹੀ ਜੀਵਨ ਬਾਰੇ) ਕੁਝ ਨਹੀਂ ਸੁੱਝਦਾ, ਉਹ ਮੁੜ ਮੁੜ ਭਟਕਦਾ ਰਹਿੰਦਾ ਹੈ ।੩।

ਹੇ ਮੇਰੇ ਮਾਲਕ! (ਮੇਰੀ) ਬੇਨਤੀ ਸੁਣ (ਤੇਰਾ ਦਾਸ) ਨਾਨਕ (ਤੇਰੇ ਦਰ ਤੋਂ) ਇਹ ਸੁਖ ਮੰਗਦਾ ਹੈ (ਕਿ) ਜਿੱਥੇ ਸੰਤ ਜਨ ਤੇਰੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਹੋਣ, ਉੱਥੇ ਮੇਰਾ ਮਨ ਪਰਚਿਆ ਰਹੇ ।੪।੬।

ਸੋਰਠਿ ਮਹਲਾ ੫ ॥ ਤਨੁ ਸੰਤਨ ਕਾ ਧਨੁ ਸੰਤਨ ਕਾ ਮਨੁ ਸੰਤਨ ਕਾ ਕੀਆ ॥ ਸੰਤ ਪ੍ਰਸਾਦਿ ਹਰਿ ਨਾਮੁ ਧਿਆਇਆ ਸਰਬ ਕੁਸਲ ਤਬ ਥੀਆ ॥੧॥ ਸੰਤਨ ਬਿਨੁ ਅਵਰੁ ਨ ਦਾਤਾ ਬੀਆ ॥ ਜੋ ਜੋ ਸਰਣਿ ਪਰੈ ਸਾਧੂ ਕੀ ਸੋ ਪਾਰਗਰਾਮੀ ਕੀਆ ॥ ਰਹਾਉ ॥ ਕੋਟਿ ਪਰਾਧ ਮਿਟਹਿ ਜਨ ਸੇਵਾ ਹਰਿ

ਕੀਰਤਨੁ ਰਸਿ ਗਾਈਐ ॥ ਈਹਾ ਸੁਖੁ ਆਗੈ ਮੁਖ ਊਜਲ ਜਨ ਕਾ ਸੰਗੁ ਵਡਭਾਗੀ ਪਾਈਐ ॥੨॥ ਰਸਨਾ ਏਕ ਅਨੇਕ ਗੁਣ ਪੂਰਨ ਜਨ ਕੀ ਕੇਤਕ ਉਪਮਾ ਕਹੀਐ ॥ ਅਗਮ ਅਗੋਚਰ ਸਦ ਅਬਿਨਾਸੀ ਸਰਣਿ ਸੰਤਨ ਕੀ ਲਹੀਐ ॥੩॥ ਨਿਰਗੁਨ ਨੀਚ ਅਨਾਥ ਅਪਰਾਧੀ ਓਟ ਸੰਤਨ ਕੀ ਆਹੀ ॥ ਬੂਡਤ ਮੋਹ ਗ੍ਰਿਹ ਅੰਧ ਕੂਪ ਮਹਿ ਨਾਨਕ ਲੇਹੁ ਨਿਬਾਹੀ ॥੪॥੭॥ {ਪੰਨਾ 610}

ਪਦਅਰਥ:- ਕਾ ਕੀਆ—ਦਾ ਬਣਾ ਦਿੱਤਾ, ਭੇਟਾ ਕਰ ਦਿੱਤਾ । ਪ੍ਰਸਾਦਿ—ਕਿਰਪਾ ਨਾਲ । ਸਰਬ ਕੁਸਲ—ਸਾਰੇ ਸੁਖ ।੧।

ਦਾਤਾ—(ਨਾਮ ਦੀ) ਦਾਤਿ ਦੇਣ ਵਾਲਾ । ਬੀਆ—ਦੂਜਾ । ਸਾਧੂ—ਗੁਰੂ । ਪਾਰਗਰਾਮੀ—(ਸੰਸਾਰ-ਸਮੁੰਦਰ ਤੋਂ) ਪਾਰ ਲੰਘਣ ਜੋਗਾ । ਕੀਆ—ਹੋ ਜਾਂਦਾ ਹੈ ।ਰਹਾਉ।

ਕੋਟਿ ਪਰਾਧ—ਕ੍ਰੋੜਾਂ ਪਾਪ । ਜਨ ਸੇਵਾ—ਸੰਤ ਜਨ ਦੀ ਸੇਵਾ ਕੀਤਿਆਂ । ਰਸਿ—ਰਸ ਨਾਲ, ਪ੍ਰੇਮ ਨਾਲ । ਈਹਾ—ਇਸ ਲੋਕ ਵਿਚ । ਆਗੈ—ਪਰਲੋਕ ਵਿਚ । ਮੁਖ ਊਜਲ—ਉੱਜਲ ਮੂੰਹ ਵਾਲੇ, ਸੁਰਖ਼-ਰੂ ।੨।

ਰਸਨਾ—ਜੀਭ । ਕੇਤਕ—ਕਿਤਨੀ ਕੁ? ਉਪਮਾ—ਵਡਿਆਈ, ਸੋਭਾ । ਅਗਮ—ਅਪਹੁੰਚ । ਅਗੋਚਰ—{ਅ-ਗੋ-ਚਰ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਸਦ—ਸਦਾ । ਲਹੀਐ—ਲੱਭਦਾ ਹੈ ।੩।

ਨਿਰਗੁਨ—ਹੁਣ-ਹੀਨ । ਅਨਾਥ—ਨਿਆਸਰਾ । ਓਟ—ਆਸਰਾ, ਸਰਨ । ਆਹੀ—ਮੰਗੀ ਹੈ, ਮੈਂ ਮੰਗਦਾ ਹਾਂ । ਗ੍ਰਿਹ—ਗ੍ਰਿਹਸਤ । ਅੰਧ ਕੂਪ ਮਹਿ—ਅੰਨ੍ਹੇ ਖੂਹ ਵਿਚ । ਲੇਹੁ ਨਿਬਾਹੀ—ਤੋੜ ਤਕ ਸਾਥ ਕਰੋ ।੪।

ਅਰਥ:- ਹੇ ਭਾਈ! ਸੰਤ ਜਨਾਂ ਤੋਂ ਬਿਨਾ ਪਰਮਾਤਮਾ ਦੇ ਨਾਮ ਦੀ ਦਾਤਿ ਦੇਣ ਵਾਲਾ ਹੋਰ ਕੋਈ ਨਹੀਂ ਹੈ । ਜੇਹੜਾ ਜੇਹੜਾ ਮਨੁੱਖ ਗੁਰੂ ਦੀ (ਸੰਤ ਜਨਾਂ ਦੀ) ਸਰਨ ਪੈਂਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਜੋਗਾ ਹੋ ਜਾਂਦਾ ਹੈ ।ਰਹਾਉ।

ਹੇ ਭਾਈ! ਜਦੋਂ ਕੋਈ ਮਨੁੱਖ ਆਪਣਾ ਸਰੀਰ ਆਪਣਾ ਮਨ ਆਪਣਾ ਧਨ ਸੰਤ ਜਨਾਂ ਦੇ ਹਵਾਲੇ ਕਰ ਦੇਂਦਾ ਹੈ (ਭਾਵ, ਹਰੇਕ ਕਿਸਮ ਦੀ ਅਪਣੱਤ ਮਿਟਾ ਦੇਂਦਾ ਹੈ), ਤੇ ਸੰਤਾਂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਸਿਮਰਨ ਕਰਨ ਲੱਗ ਪੈਂਦਾ ਹੈ, ਤਦੋਂ ਉਸ ਨੂੰ ਸਾਰੇ (ਆਤਮਕ) ਸੁਖ ਮਿਲ ਜਾਂਦੇ ਹਨ ।੧।

ਹੇ ਭਾਈ! ਪਰਮਾਤਮਾ ਦੇ ਸੇਵਕ ਦੀ (ਦੱਸੀ) ਸੇਵਾ ਕੀਤਿਆਂ ਕ੍ਰੋੜਾਂ ਪਾਪ ਮਿਟ ਜਾਂਦੇ ਹਨ, ਅਤੇ ਪ੍ਰੇਮ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ । ਇਸ ਲੋਕ ਵਿਚ ਆਤਮਕ ਅਨੰਦ ਮਿਲਿਆ ਰਹਿੰਦਾ ਹੈ, ਪਰਲੋਕ ਵਿਚ ਸੁਰਖ਼-ਰੂ ਹੋਵੀਦਾ ਹੈ । ਪਰ, ਹੇ ਭਾਈ! ਪ੍ਰਭੂ ਦੇ ਸੇਵਕ ਦੀ ਸੰਗਤਿ ਵੱਡੇ ਭਾਗਾਂ ਨਾਲ ਮਿਲਦੀ ਹੈ ।੨।

ਹੇ ਭਾਈ! (ਮੇਰੀ) ਇੱਕ ਜੀਭ ਹੈ (ਸੰਤ ਜਨ) ਅਨੇਕਾਂ ਗੁਣਾਂ ਨਾਲ ਭਰਪੂਰ ਹੁੰਦੇ ਹਨ, ਸੰਤ ਜਨਾਂ ਦੀ ਵਡਿਆਈ ਕਿਤਨੀ ਕੁ ਦੱਸੀ ਜਾਵੇ? ਸੰਤਾਂ ਦੀ ਸਰਨ ਪਿਆਂ ਹੀ ਉਹ ਪਰਮਾਤਮਾ ਮਿਲ ਸਕਦਾ ਹੈ ਜੋ ਕਦੇ ਨਾਸ ਹੋਣ ਵਾਲਾ ਨਹੀਂ, ਜੋ ਅਪਹੁੰਚ ਹੈ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ ।੩।

ਹੇ ਨਾਨਕ! (ਅਰਦਾਸ ਕਰ ਤੇ ਆਖ—) ਮੈਂ ਗੁਣ-ਹੀਨ ਹਾਂ, ਨੀਚ ਹਾਂ, ਨਿਆਸਰਾ ਹਾਂ, ਵਿਕਾਰੀ ਹਾਂ, ਮੈਂ ਸੰਤਾਂ ਦਾ ਪੱਲਾ ਫੜਿਆ ਹੈ (ਹੇ ਸੰਤ ਜਨੋ!) ਗ੍ਰਿਹਸਤ ਦੇ ਮੋਹ ਦੇ ਅੰਨ੍ਹੇ ਖੂਹ ਵਿਚ ਡੁੱਬ ਰਹੇ ਦਾ ਸਾਥ ਤੋੜ ਤਕ ਨਿਬਾਹੋ ।੪।੭।

ਸੋਰਠਿ ਮਹਲਾ ੫ ਘਰੁ ੧ ॥ ਜਾ ਕੈ ਹਿਰਦੈ ਵਸਿਆ ਤੂ ਕਰਤੇ ਤਾ ਕੀ ਤੈਂ ਆਸ ਪੁਜਾਈ ॥ ਦਾਸ ਅਪੁਨੇ ਕਉ ਤੂ ਵਿਸਰਹਿ ਨਾਹੀ ਚਰਣ ਧੂਰਿ ਮਨਿ ਭਾਈ ॥੧॥ ਤੇਰੀ ਅਕਥ ਕਥਾ ਕਥਨੁ ਨ ਜਾਈ ॥ ਗੁਣ ਨਿਧਾਨ ਸੁਖਦਾਤੇ ਸੁਆਮੀ ਸਭ ਤੇ ਊਚ ਬਡਾਈ ॥ ਰਹਾਉ ॥ ਸੋ ਸੋ ਕਰਮ ਕਰਤ ਹੈ ਪ੍ਰਾਣੀ ਜੈਸੀ ਤੁਮ ਲਿਖਿ ਪਾਈ ॥ ਸੇਵਕ ਕਉ ਤੁਮ ਸੇਵਾ ਦੀਨੀ ਦਰਸਨੁ ਦੇਖਿ ਅਘਾਈ ॥੨॥ ਸਰਬ ਨਿਰੰਤਰਿ ਤੁਮਹਿ ਸਮਾਨੇ ਜਾ ਕਉ ਤੁਧੁ ਆਪਿ ਬੁਝਾਈ ॥ ਗੁਰ ਪਰਸਾਦਿ ਮਿਟਿਓ ਅਗਿਆਨਾ ਪ੍ਰਗਟ ਭਏ ਸਭ ਠਾਈ ॥੩॥ ਸੋਈ ਗਿਆਨੀ ਸੋਈ ਧਿਆਨੀ ਸੋਈ ਪੁਰਖੁ ਸੁਭਾਈ ॥ ਕਹੁ ਨਾਨਕ ਜਿਸੁ ਭਏ ਦਇਆਲਾ ਤਾ ਕਉ ਮਨ ਤੇ ਬਿਸਰਿ ਨ ਜਾਈ ॥੪॥੮॥ {ਪੰਨਾ 610}

ਪਦਅਰਥ:- ਜਾ ਕੈ ਹਿਰਦੈ—ਜਿਸ ਦੇ ਹਿਰਦੇ ਵਿਚ । ਕਰਤੇ—ਹੇ ਕਰਤਾਰ! ਤੈਂ—{ਲਫ਼ਜ਼ 'ਤੂ' ਅਤੇ 'ਤੈਂ' ਦਾ ਫ਼ਰਕ ਚੇਤੇ ਰੱਖੋ । ਕੌਣ ਵੱਸਿਆ? ਤੂੰ । ਕਿਸ ਨੇ ਪੁਜਾਈ? ਤੈਂ} । ਕਉ—ਨੂੰ । ਮਨਿ—ਮਨ ਵਿਚ । ਭਾਈ—ਪਿਆਰੀ ਲੱਗਦੀ ਹੈ ।੧।

ਅਕਥ—ਅ-ਕੱਥ, ਜੋ ਬਿਆਨ ਨਹੀਂ ਹੋ ਸਕਦੀ । ਗੁਣ ਨਿਧਾਨ—ਹੇ ਗੁਣਾਂ ਦੇ ਖ਼ਜ਼ਾਨੇ! ਸਭ ਤੇ—ਸਭਨਾਂ ਤੋਂ ।ਰਹਾਉ।

ਲਿਖਿ—ਲਿਖ ਕੇ । ਦੇਖਿ—ਵੇਖ ਕੇ । ਅਘਾਈ—ਰੱਜ ਜਾਂਦਾ ਹੈ ।੨।

ਨਿਰੰਤਰਿ—{ਨਿਰ-ਅੰਤਰ । ਅੰਤਰੁ-ਵਿੱਥ} ਵਿੱਥ ਤੋਂ ਬਿਨਾਂ, ਇਕ-ਰਸ । ਤੁਮਹਿ—ਤੂੰ ਹੀ । ਬੁਝਾਈ—ਸਮਝ ਦੇ ਦਿੱਤੀ । ਪਰਸਾਦਿ—ਕਿਰਪਾ ਨਾਲ । ਸਭ ਠਾਈ—ਸਭ ਥਾਈਂ ।੩।

ਗਿਆਨੀ—ਗਿਆਨਵਾਨ । ਧਿਆਨੀ—ਸੁਰਤਿ ਜੋੜਨ ਵਾਲਾ । ਸੁਭਾਈ—ਸ੍ਰੇਸ਼ਟ ਪ੍ਰੇਮ ਵਾਲਾ । ਮਨ ਤੇ—ਮਨ ਤੋਂ ।੪।

ਅਰਥ:- ਹੇ ਸਾਰੇ ਗੁਣਾਂ ਦੇ ਖ਼ਜ਼ਾਨੇ! ਹੇ ਸੁਖ ਦੇਣ ਵਾਲੇ ਮਾਲਕ! ਤੇਰੀ ਵਡਿਆਈ ਸਭ ਤੋਂ ਉੱਚੀ ਹੈ (ਤੂੰ ਸਭਨਾਂ ਤੋਂ ਵੱਡਾ ਹੈਂ) । ਤੂੰ ਕਿਹੋ ਜਿਹਾ ਹੈਂ, ਕੇਡਾ ਵੱਡਾ ਹੈਂ—ਇਹ ਗੱਲ ਬਿਆਨ ਨਹੀਂ ਕੀਤੀ ਜਾ ਸਕਦੀ ।ਰਹਾਉ।

ਹੇ ਕਰਤਾਰ! ਜਿਸ ਮਨੁੱਖ ਦੇ ਹਿਰਦੇ ਵਿਚ ਤੂੰ ਆ ਵੱਸਦਾ ਹੈਂ, ਉਸ ਦੀ ਤੂੰ ਹਰੇਕ ਆਸ ਪੂਰੀ ਕਰ ਦੇਂਦਾ ਹੈਂ । ਆਪਣੇ ਸੇਵਕ ਨੂੰ ਤੂੰ ਕਦੇ ਨਹੀਂ ਵਿੱਸਰਦਾ (ਤੇਰਾ ਸੇਵਕ ਤੈਨੂੰ ਕਦੇ ਨਹੀਂ ਭੁਲਾਂਦਾ), ਉਸ ਦੇ ਮਨ ਵਿਚ ਤੇਰੇ ਚਰਨਾਂ ਦੀ ਧੂੜ ਪਿਆਰੀ ਲੱਗਦੀ ਹੈ ।੧।

(ਪਰ, ਹੇ ਪ੍ਰਭੂ!) ਜੀਵ ਉਹੀ ਉਹੀ ਕਰਮ ਕਰਦਾ ਹੈ ਜਿਹੋ ਜਿਹੀ (ਆਗਿਆ) ਤੂੰ (ਉਸ ਦੇ ਮੱਥੇ ਤੇ) ਲਿਖ ਕੇ ਰੱਖ ਦਿੱਤੀ ਹੈ । ਆਪਣੇ ਸੇਵਕ ਨੂੰ ਤੂੰ ਆਪਣੀ ਸੇਵਾ-ਭਗਤੀ ਦੀ ਦਾਤਿ ਬਖ਼ਸ਼ੀ ਹੋਈ ਹੈ, (ਉਹ ਸੇਵਕ) ਤੇਰਾ ਦਰਸਨ ਕਰ ਕੇ ਰੱਜਿਆ ਰਹਿੰਦਾ ਹੈ ।੨।

ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਆਪ ਸਮਝ ਬਖ਼ਸ਼ਦਾ ਹੈਂ, ਉਸ ਨੂੰ ਤੂੰ ਸਾਰੇ ਹੀ ਜੀਵਾਂ ਦੇ ਅੰਦਰ ਇਕ-ਰਸ ਸਮਾਇਆ ਦਿੱਸਦਾ ਹੈਂ । ਗੁਰੂ ਦੀ ਕਿਰਪਾ ਨਾਲ (ਉਸ ਮਨੁੱਖ ਦੇ ਅੰਦਰੋਂ) ਅਗਿਆਨਤਾ (ਦਾ ਹਨੇਰਾ) ਮਿਟ ਜਾਂਦਾ ਹੈ, ਉਸ ਦੀ ਸੋਭਾ ਸਭ ਥਾਈਂ ਪਸਰ ਜਾਂਦੀ ਹੈ ।੩।

ਹੇ ਨਾਨਕ! ਆਖ—ਉਹੀ ਮਨੁੱਖ ਗਿਆਨਵਾਨ ਹੈ, ਉਹੀ ਮਨੁੱਖ ਸੁਰਤਿ-ਅੱਭਿਆਸੀ ਹੈ, ਉਹੀ ਮਨੁੱਖ

ਪਿਆਰ-ਸੁਭਾਵ ਵਾਲਾ ਹੈ, ਜਿਸ ਮਨੁੱਖ ਉੱਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ । ਉਸ ਮਨੁੱਖ ਨੂੰ ਪਰਮਾਤਮਾ ਮਨ ਤੋਂ ਕਦੇ ਭੀ ਨਹੀਂ ਭੁੱਲਦਾ ।੪।੮।

ਸੋਰਠਿ ਮਹਲਾ ੫ ॥ ਸਗਲ ਸਮਗ੍ਰੀ ਮੋਹਿ ਵਿਆਪੀ ਕਬ ਊਚੇ ਕਬ ਨੀਚੇ ॥ ਸੁਧੁ ਨ ਹੋਈਐ ਕਾਹੂ ਜਤਨਾ ਓੜਕਿ ਕੋ ਨ ਪਹੂਚੇ ॥੧॥ ਮੇਰੇ ਮਨ ਸਾਧ ਸਰਣਿ ਛੁਟਕਾਰਾ ॥ ਬਿਨੁ ਗੁਰ ਪੂਰੇ ਜਨਮ ਮਰਣੁ ਨ ਰਹਈ ਫਿਰਿ ਆਵਤ ਬਾਰੋ ਬਾਰਾ ॥ ਰਹਾਉ ॥ ਓਹੁ ਜੁ ਭਰਮੁ ਭੁਲਾਵਾ ਕਹੀਅਤ ਤਿਨ ਮਹਿ ਉਰਝਿਓ ਸਗਲ ਸੰਸਾਰਾ ॥ ਪੂਰਨ ਭਗਤੁ ਪੁਰਖ ਸੁਆਮੀ ਕਾ ਸਰਬ ਥੋਕ ਤੇ ਨਿਆਰਾ ॥੨॥ ਨਿੰਦਉ ਨਾਹੀ ਕਾਹੂ ਬਾਤੈ ਏਹੁ ਖਸਮ ਕਾ ਕੀਆ ॥ ਜਾ ਕਉ ਕ੍ਰਿਪਾ ਕਰੀ ਪ੍ਰਭਿ ਮੇਰੈ ਮਿਲਿ ਸਾਧਸੰਗਤਿ ਨਾਉ ਲੀਆ ॥੩॥ ਪਾਰਬ੍ਰਹਮ ਪਰਮੇਸੁਰ ਸਤਿਗੁਰ ਸਭਨਾ ਕਰਤ ਉਧਾਰਾ ॥ ਕਹੁ ਨਾਨਕ ਗੁਰ ਬਿਨੁ ਨਹੀ ਤਰੀਐ ਇਹੁ ਪੂਰਨ ਤਤੁ ਬੀਚਾਰਾ ॥੪॥੯॥ {ਪੰਨਾ 611}

ਪਦਅਰਥ:- ਸਮਗ੍ਰੀ—ਰਚਨਾ, ਦੁਨੀਆ । ਮੋਹਿ—ਮੋਹ ਵਿਚ । ਵਿਆਪੀ—ਫਸੀ ਹੋਈ ਹੈ । ਕਬ—ਕਦੇ । ਸੁਧੁ—ਪਵਿੱਤ੍ਰ । ਕਾਹੂ ਜਤਨਾ—ਕਿਸੇ ਭੀ ਜਤਨ ਨਾਲ । ਓੜਕਿ—ਅਖ਼ੀਰ ਤਕ, ਸਿਰੇ ਤਕ, ਪ੍ਰਭੂ ਤਕ । ਕੋ—ਕੋਈ ਭੀ ।੧।

ਮਨ—ਹੇ ਮਨ! ਛੁਟਕਾਰਾ—ਮੋਹ ਤੋਂ ਖ਼ਲਾਸੀ । ਸਾਧ—ਗੁਰੂ । ਨ ਰਹਈ—ਨਹੀਂ ਮੁੱਕਦਾ । ਬਾਰੋ ਬਾਰਾ—ਮੁੜ ਮੁੜ ।ਰਹਾਉ।

ਭਰਮੁ—ਭਟਕਣਾ । ਭੁਲਾਵਾ—ਭੁਲੇਖਾ । ਤਿਨ ਮਹਿ—ਉਹਨਾਂ (ਭਰਮ ਭੁਲਾਵਿਆਂ) ਵਿਚ । ਪੁਰਖ—ਸਰਬ-ਵਿਆਪਕ । ਥੋਕ—ਪਦਾਰਥ । ਤੇ—ਤੋਂ । ਨਿਆਰਾ—ਵੱਖਰਾ ।੨।

ਨਿੰਦਉ—ਨਿੰਦਉਂ, ਮੈਂ ਨਿੰਦਦਾ । ਕਾਹੂ ਬਾਤੈ—ਕਿਸੇ ਭੀ ਗੱਲੇ । ਏਹੁ—ਇਹ (ਸੰਸਾਰ) । ਪ੍ਰਭਿ—ਪ੍ਰਭੂ ਨੇ । ਮਿਲਿ—ਮਿਲ ਕੇ ।੩।

ਨਹੀ ਤਰੀਐ—ਪਾਰ ਨਹੀਂ ਲੰਘ ਸਕੀਦਾ । ਤਤੁ—ਅਸਲੀਅਤ ।੪।

ਅਰਥ:- ਹੇ ਮੇਰੇ ਮਨ! ਗੁਰੂ ਦੀ ਸਰਨ ਪਿਆਂ ਹੀ (ਮੋਹ ਤੋਂ) ਖ਼ਲਾਸੀ ਹੋ ਸਕਦੀ ਹੈ । ਪੂਰੇ ਗੁਰੂ ਤੋਂ ਬਿਨਾ (ਜੀਵ ਦਾ) ਜਨਮ ਮਰਨ (ਦਾ ਗੇੜ) ਨਹੀਂ ਮੁੱਕਦਾ, (ਜੀਵ) ਮੁੜ ਮੁੜ (ਜਗਤ ਵਿਚ) ਆਉਂਦਾ ਰਹਿੰਦਾ ਹੈ ।ਰਹਾਉ।

ਹੇ ਭਾਈ! ਸਾਰੀ ਦੁਨੀਆ ਮੋਹ ਵਿਚ ਫਸੀ ਹੋਈ ਹੈ (ਇਸ ਦੇ ਕਾਰਨ) ਕਦੇ (ਜੀਵ) ਅਹੰਕਾਰ ਵਿਚ ਆ ਜਾਂਦੇ ਹਨ, ਕਦੇ ਘਬਰਾਹਟ ਵਿਚ ਪੈ ਜਾਂਦੇ ਹਨ । ਆਪਣੇ ਕਿਸੇ ਭੀ ਜਤਨ ਨਾਲ (ਮੋਹ ਦੀ ਮੈਲ ਤੋਂ) ਪਵਿਤ੍ਰ ਨਹੀਂ ਹੋ ਸਕੀਦਾ । ਕੋਈ ਭੀ ਮਨੁੱਖ (ਆਪਣੇ ਜਤਨ ਨਾਲ ਮੋਹ ਦੇ) ਪਾਰਲੇ ਬੰਨੇ ਨਹੀਂ ਪਹੁੰਚ ਸਕਦਾ ।੧।

ਜਿਸ ਮਾਨਸਕ ਹਾਲਤ ਨੂੰ 'ਭਰਮ ਭੁਲਾਵਾ' ਆਖੀਦਾ ਹੈ, ਸਾਰਾ ਜਗਤ ਉਹਨਾਂ (ਭਰਮ ਭੁਲਾਵਿਆਂ ਵਿਚ) ਫਸਿਆ ਪਿਆ ਹੈ । ਪਰੰਤੂ ਸਰਬ-ਵਿਆਪਕ ਮਾਲਕ-ਪ੍ਰਭੂ ਦਾ ਪੂਰਨ ਭਗਤ (ਦੁਨੀਆ ਦੇ) ਸਾਰੇ ਪਦਾਰਥਾਂ (ਦੇ ਮੋਹ) ਤੋਂ ਵੱਖਰਾ ਰਹਿੰਦਾ ਹੈ ।੨।

ਫਿਰ ਭੀ, ਹੇ ਭਾਈ! ਇਹ ਸਾਰਾ ਜਗਤ ਮਾਲਕ-ਪ੍ਰਭੂ ਦਾ ਪੈਦਾ ਕੀਤਾ ਹੋਇਆ ਹੈ, ਮੈਂ ਇਸ ਨੂੰ ਕਿਸੇ ਗੱਲੇ ਭੀ ਮਾੜਾ ਨਹੀਂ ਆਖ ਸਕਦਾ । ਹਾਂ, ਜਿਸ ਮਨੁੱਖ ਉਤੇ ਮੇਰੇ ਪ੍ਰਭੂ ਨੇ ਮੇਹਰ ਕਰ ਦਿੱਤੀ, ਉਹ ਸਾਧ ਸੰਗਤਿ ਵਿਚ

ਮਿਲ ਕੇ ਪਰਮਾਤਮਾ ਦਾ ਨਾਮ ਜਪਦਾ ਹੈ, (ਤੇ, ਮੋਹ ਤੋਂ ਬਚ ਨਿਕਲਦਾ ਹੈ) ।੩।

ਹੇ ਨਾਨਕ! ਆਖ—ਅਸਾਂ ਇਹ ਪੂਰੀ ਅਸਲੀਅਤ ਵਿਚਾਰ ਲਈ ਹੈ ਕਿ ਗੁਰੂ ਦੀ ਸਰਨ ਪੈਣ ਤੋਂ ਬਿਨਾ (ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘ ਸਕੀਦਾ । (ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ) ਪਰਮਾਤਮਾ ਦਾ ਰੂਪ ਗੁਰੂ ਉਹਨਾਂ ਸਭਨਾਂ ਦਾ ਪਾਰ-ਉਤਾਰਾ ਕਰ ਦੇਂਦਾ ਹੈ ।੪।੮।

ਸੋਰਠਿ ਮਹਲਾ ੫ ॥ ਖੋਜਤ ਖੋਜਤ ਖੋਜਿ ਬੀਚਾਰਿਓ ਰਾਮ ਨਾਮੁ ਤਤੁ ਸਾਰਾ ॥ ਕਿਲਬਿਖ ਕਾਟੇ ਨਿਮਖ ਅਰਾਧਿਆ ਗੁਰਮੁਖਿ ਪਾਰਿ ਉਤਾਰਾ ॥੧॥ ਹਰਿ ਰਸੁ ਪੀਵਹੁ ਪੁਰਖ ਗਿਆਨੀ ॥ ਸੁਣਿ ਸੁਣਿ ਮਹਾ ਤ੍ਰਿਪਤਿ ਮਨੁ ਪਾਵੈ ਸਾਧੂ ਅੰਮ੍ਰਿਤ ਬਾਨੀ ॥ ਰਹਾਉ ॥ ਮੁਕਤਿ ਭੁਗਤਿ ਜੁਗਤਿ ਸਚੁ ਪਾਈਐ ਸਰਬ ਸੁਖਾ ਕਾ ਦਾਤਾ ॥ ਅਪੁਨੇ ਦਾਸ ਕਉ ਭਗਤਿ ਦਾਨੁ ਦੇਵੈ ਪੂਰਨ ਪੁਰਖੁ ਬਿਧਾਤਾ ॥੨॥ ਸ੍ਰਵਣੀ ਸੁਣੀਐ ਰਸਨਾ ਗਾਈਐ ਹਿਰਦੈ ਧਿਆਈਐ ਸੋਈ ॥ ਕਰਣ ਕਾਰਣ ਸਮਰਥ ਸੁਆਮੀ ਜਾ ਤੇ ਬ੍ਰਿਥਾ ਨ ਕੋਈ ॥੩॥ ਵਡੈ ਭਾਗਿ ਰਤਨ ਜਨਮੁ ਪਾਇਆ ਕਰਹੁ ਕ੍ਰਿਪਾ ਕਿਰਪਾਲਾ ॥ ਸਾਧਸੰਗਿ ਨਾਨਕੁ ਗੁਣ ਗਾਵੈ ਸਿਮਰੈ ਸਦਾ ਗੁੋਪਾਲਾ ॥੪॥੧੦॥ {ਪੰਨਾ 611}

ਪਦਅਰਥ:- ਖੋਜਤ—ਖੋਜਦਿਆਂ । ਖੋਜਿ—ਖੋਜ ਕੇ । ਤਤੁ—ਅਸਲੀਅਤ । ਸਾਰਾ—ਸ੍ਰੇਸ਼ਟ । ਕਿਲਬਿਖ—ਪਾਪ । ਨਿਮਖ—ਅੱਖ ਝਮਕਣ ਜਿਤਨਾ ਸਮਾ । ਗੁਰਮੁਖਿ—ਗੁਰੂ ਦੀ ਸ਼ਰਨ ਪੈ ਕੇ ।੧।

ਪੁਰਖ ਗਿਆਨੀ—ਹੇ ਆਤਮਕ ਜੀਵਨ ਦੀ ਸੂਝ ਵਾਲੇ ਮਨੁੱਖ! ਸੁਣਿ ਸੁਣਿ—ਮੁੜ ਮੁੜ ਸੁਣ ਕੇ । ਤ੍ਰਿਪਤਿ—ਰਜੇਵਾਂ, ਸੰਤੋਖ । ਸਾਧੂ—ਗੁਰੂ । ਅੰਮ੍ਰਿਤ ਬਾਨੀ—ਆਤਮਕ ਜੀਵਨ ਦੇਣ ਵਾਲੀ ਬਾਣੀ ਦੀ ਰਾਹੀਂ ।ਰਹਾਉ।

ਮੁਕਤਿ—(ਮਾਇਆ ਦੇ ਮੋਹ ਤੋਂ) ਖ਼ਲਾਸੀ । ਭੁਗਤਿ—(ਆਤਮਾ ਦੀ) ਖ਼ੁਰਾਕ । ਜੁਗਤਿ—ਜੀਊਣ ਦਾ ਸੁਚੱਜਾ ਢੰਗ । ਸਚੁ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਕਉ—ਨੂੰ । ਪੂਰਨ—ਸਰਬ-ਵਿਆਪਕ । ਬਿਧਾਤਾ—ਕਰਤਾਰ ।੨।

ਸ੍ਰਵਣੀ—ਕੰਨਾਂ ਨਾਲ । ਰਸਨਾ—ਜੀਭ (ਨਾਲ) । ਸੋਈ—ਉਹ (ਪ੍ਰਭੂ) ਹੀ । ਕਰਣ ਕਾਰਣ—ਜਗਤ ਦਾ ਮੂਲ । ਜਾ ਤੇ—ਜਿਸ ਤੋਂ, ਜਿਸ (ਦੇ ਦਰ) ਤੋਂ । ਬ੍ਰਿਥਾ—ਖ਼ਾਲੀ ।੩।

ਭਾਗਿ—ਕਿਸਮਤ ਨਾਲ । ਕਿਰਪਾਲਾ—ਹੇ ਕਿਰਪਾਲ! ਗਾਵੈ—ਗਾਉਂਦਾ ਰਹੇ । ਗੁੋਪਾਲਾ—{ਅਸਲ ਲਫ਼ਜ਼ 'ਗੋਪਾਲਾ' ਹੈ, ਇਥੇ 'ਗੁਪਾਲਾ' ਪੜ੍ਹਨਾ ਹੈ} ਹੇ ਗੁਪਾਲ! ।੪।

ਅਰਥ:- ਆਤਮਕ ਜੀਵਨ ਦੀ ਸੂਝ ਵਾਲੇ ਹੇ ਮਨੁੱਖ! (ਸਦਾ) ਪਰਮਾਤਮਾ ਦਾ ਨਾਮ-ਰਸ ਪੀਆ ਕਰ । (ਹੇ ਭਾਈ!) ਗੁਰੂ ਦੀ ਆਤਮਕ ਜੀਵਨ ਦੇਣ ਵਾਲੀ ਬਾਣੀ ਦੀ ਰਾਹੀਂ (ਪਰਮਾਤਮਾ ਦਾ) ਨਾਮ ਮੁੜ ਮੁੜ ਸੁਣ ਕੇ (ਮਨੁੱਖ ਦਾ) ਮਨ ਸਭ ਤੋਂ ਉੱਚਾ ਸੰਤੋਖ ਹਾਸਲ ਕਰ ਲੈਂਦਾ ਹੈ ।ਰਹਾਉ।

ਹੇ ਭਾਈ! ਬੜੀ ਲੰਮੀ ਖੋਜ ਕਰ ਕੇ ਅਸੀ ਇਸ ਵਿਚਾਰ ਤੇ ਪਹੁੰਚੇ ਹਾਂ ਕਿ ਪਰਮਾਤਮਾ ਦਾ ਨਾਮ (-ਸਿਮਰਨਾ ਹੀ ਮਨੁੱਖਾ ਜੀਵਨ ਦੀ) ਸਭ ਤੋਂ ਉੱਚੀ ਅਸਲੀਅਤ ਹੈ । ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਸਿਮਰਿਆਂ (ਇਹ ਨਾਮ) ਅੱਖ ਦੇ ਫੋਰ ਵਿਚ (ਸਾਰੇ) ਪਾਪ ਕੱਟ ਦੇਂਦਾ ਹੈ, ਤੇ, (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ ।੧।

ਹੇ ਭਾਈ! ਸਾਰੇ ਸੁਖਾਂ ਦਾ ਦੇਣ ਵਾਲਾ, ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਜੇ ਮਿਲ ਪਏ, ਤਾਂ ਇਹੀ ਹੈ ਵਿਕਾਰਾਂ ਤੋਂ ਖ਼ਲਾਸੀ (ਦਾ ਮੂਲ), ਇਹੀ ਹੈ (ਆਤਮਾ ਦੀ) ਖ਼ੁਰਾਕ, ਇਹੀ ਹੈ ਜੀਊਣ ਦਾ ਸੁਚੱਜਾ ਢੰਗ । ਉਹ

ਸਰਬ-ਵਿਆਪਕ ਸਿਰਜਣਹਾਰ ਪ੍ਰਭੂ ਭਗਤੀ ਦਾ (ਇਹ) ਦਾਨ ਆਪਣੇ ਸੇਵਕ ਨੂੰ (ਹੀ) ਬਖ਼ਸ਼ਦਾ ਹੈ ।੨।

ਹੇ ਭਾਈ! ਜਿਸ ਜਗਤ ਦੇ ਮੂਲ ਸਭ ਤਾਕਤਾਂ ਦੇ ਮਾਲਕ ਪ੍ਰਭੂ ਦੇ ਦਰ ਤੋਂ ਕੋਈ ਜੀਵ ਖ਼ਾਲੀ-ਹੱਥ ਨਹੀਂ ਜਾਂਦਾ, ਉਸ (ਦੇ) ਹੀ (ਨਾਮ) ਨੂੰ ਕੰਨਾਂ ਨਾਲ ਸੁਣਨਾ ਚਾਹੀਦਾ ਹੈ, ਜੀਭ ਨਾਲ ਗਾਣਾ ਚਾਹੀਦਾ ਹੈ, ਹਿਰਦੇ ਵਿਚ ਆਰਾਧਣਾ ਚਾਹੀਦਾ ਹੈ ।੩।

ਹੇ ਗੋਪਾਲ! ਹੇ ਕਿਰਪਾਲ! ਵੱਡੀ ਕਿਸਮਤ ਨਾਲ ਇਹ ਸ੍ਰੇਸ਼ਟ ਮਨੁੱਖਾ ਜਨਮ ਲੱਭਾ ਹੈ (ਹੁਣ) ਮੇਹਰ ਕਰ, (ਤੇਰਾ ਸੇਵਕ) ਨਾਨਕ ਸਾਧ ਸੰਗਤਿ ਵਿਚ ਰਹਿ ਕੇ ਤੇਰੇ ਗੁਣ ਗਾਂਦਾ ਰਹੇ, ਤੇਰਾ ਨਾਮ ਸਦਾ ਸਿਮਰਦਾ ਰਹੇ ।੪।੧੦।

ਸੋਰਠਿ ਮਹਲਾ ੫ ॥ ਕਰਿ ਇਸਨਾਨੁ ਸਿਮਰਿ ਪ੍ਰਭੁ ਅਪਨਾ ਮਨ ਤਨ ਭਏ ਅਰੋਗਾ ॥ ਕੋਟਿ ਬਿਘਨ ਲਾਥੇ ਪ੍ਰਭ ਸਰਣਾ ਪ੍ਰਗਟੇ ਭਲੇ ਸੰਜੋਗਾ ॥੧॥ ਪ੍ਰਭ ਬਾਣੀ ਸਬਦੁ ਸੁਭਾਖਿਆ ॥ ਗਾਵਹੁ ਸੁਣਹੁ ਪੜਹੁ ਨਿਤ ਭਾਈ ਗੁਰ ਪੂਰੈ ਤੂ ਰਾਖਿਆ ॥ ਰਹਾਉ ॥ ਸਾਚਾ ਸਾਹਿਬੁ ਅਮਿਤਿ ਵਡਾਈ ਭਗਤਿ ਵਛਲ ਦਇਆਲਾ ॥ ਸੰਤਾ ਕੀ ਪੈਜ ਰਖਦਾ ਆਇਆ ਆਦਿ ਬਿਰਦੁ ਪ੍ਰਤਿਪਾਲਾ ॥੨॥ ਹਰਿ ਅੰਮ੍ਰਿਤ ਨਾਮੁ ਭੋਜਨੁ ਨਿਤ ਭੁੰਚਹੁ ਸਰਬ ਵੇਲਾ ਮੁਖਿ ਪਾਵਹੁ ॥ ਜਰਾ ਮਰਾ ਤਾਪੁ ਸਭੁ ਨਾਠਾ ਗੁਣ ਗੋਬਿੰਦ ਨਿਤ ਗਾਵਹੁ ॥੩॥ ਸੁਣੀ ਅਰਦਾਸਿ ਸੁਆਮੀ ਮੇਰੈ ਸਰਬ ਕਲਾ ਬਣਿ ਆਈ ॥ ਪ੍ਰਗਟ ਭਈ ਸਗਲੇ ਜੁਗ ਅੰਤਰਿ ਗੁਰ ਨਾਨਕ ਕੀ ਵਡਿਆਈ ॥੪॥੧੧॥ {ਪੰਨਾ 611}

ਪਦਅਰਥ:- ਕਰਿ—ਕਰ ਕੇ । ਸਿਮਰਿ—ਸਿਮਰ ਕੇ । ਅਰੋਗਾ—ਨਰੋਏ । ਕੋਟਿ—ਕ੍ਰੋੜਾਂ । ਬਿਘਨ—(ਜ਼ਿੰਦਗੀ ਦੇ ਰਾਹ ਵਿਚ) ਰੁਕਾਵਟਾਂ । ਪ੍ਰਗਟੇ—ਉੱਘੜ ਪੈਂਦੇ ਹਨ । ਭਲੇ ਸੰਜੋਗਾ—ਪ੍ਰਭੂ ਨਾਲ ਮਿਲਾਪ ਦੇ ਚੰਗੇ ਅਵਸਰ ।੧।

ਪ੍ਰਭ ਬਾਣੀ—ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਸੁਭਾਖਿਆ—ਸੋਹਣਾ ਉਚਾਰਿਆ ਹੋਇਆ । ਭਾਈ—ਹੇ ਭਾਈ! ਤੂ—ਤੈਨੂੰ । ਗੁਰ ਪੂਰੈ—ਪੂਰੇ ਗੁਰੂ ਨੇ । ਰਾਖਿਆ—(ਜੀਵਨ-ਵਿਘਨਾਂ ਤੋਂ) ਬਚਾ ਲਿਆ ।ਰਹਾਉ।

ਸਾਚਾ—ਸਦਾ ਕਾਇਮ ਰਹਿਣ ਵਾਲਾ । ਅਮਿਤਿ—{ਮਿਤਿ—ਮਾਪ, ਹੱਦ} ਜਿਸ ਦੀ ਮਿਣਤੀ ਦੱਸੀ ਨਾਹ ਜਾ ਸਕੇ । ਵਛਲ—ਪਿਆਰ ਕਰਨ ਵਾਲਾ । ਪੈਜ—ਇੱਜ਼ਤ । ਆਦਿ—ਸ਼ੁਰੂ ਤੋਂ । ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ ।੨।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਭੁੰਚਹੁ—ਖਾਵੋ । ਮੁਖਿ—ਮੂੰਹ ਵਿਚ । ਜਰਾ—(ਆਤਮਕ ਜੀਵਨ ਨੂੰ) ਬੁਢੇਪਾ । ਮਰਾ—ਮੌਤ । ਤਾਪੁ—ਦੁੱਖ ਕਲੇਸ਼ ।੩।

ਸੁਆਮੀ ਮੇਰੈ—ਮੇਰੇ ਮਾਲਕ ਨੇ । ਸਰਬ ਕਲਾ—ਸਾਰੀ ਤਾਕਤ, ('ਕੋਟਿ ਬਿਘਨ' ਦਾ ਟਾਕਰਾ ਕਰਨ ਲਈ) ਸਾਰੀ ਸ਼ਕਤੀ । ਬਣਿ ਆਈ—ਪੈਦਾ ਹੋ ਜਾਂਦੀ ਹੈ । ਸਗਲੇ ਜੁਗ ਅੰਤਰਿ—ਸਾਰੇ ਜੁਗਾਂ ਵਿਚ, ਸਦਾ ਹੀ । ਗੁਰ ਨਾਨਕ ਕੀ—ਹੇ ਨਾਨਕ! ਗੁਰੂ ਦੀ ।੪।

ਅਰਥ:- ਹੇ ਭਾਈ! (ਗੁਰੂ ਨੇ ਆਪਣਾ) ਸ਼ਬਦ ਸੋਹਣਾ ਉਚਾਰਿਆ ਹੋਇਆ ਹੈ, (ਇਹ ਸ਼ਬਦ) ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਹੈ । (ਇਸ ਸ਼ਬਦ ਨੂੰ) ਸਦਾ ਗਾਂਦੇ ਰਹੋ, ਸੁਣਦੇ ਰਹੋ, ਪੜ੍ਹਦੇ ਰਹੋ, (ਜੇ ਇਹ ਉੱਦਮ ਕਰਦਾ ਰਹੇਂਗਾ, ਤਾਂ ਯਕੀਨ ਰੱਖ) ਪੂਰੇ ਗੁਰੂ ਨੇ ਤੈਨੂੰ (ਜੀਵਨ ਵਿਚ ਆਉਣ ਵਾਲੀਆਂ ਰੁਕਾਵਟਾਂ ਤੋਂ)

ਬਚਾ ਲਿਆ ।ਰਹਾਉ।

(ਹੇ ਭਾਈ! ਅੰਮ੍ਰਿਤ ਵੇਲੇ) ਇਸ਼ਨਾਨ ਕਰ ਕੇ, ਆਪਣੇ ਪ੍ਰਭੂ ਦਾ ਨਾਮ ਸਿਮਰ ਕੇ ਮਨ ਅਤੇ ਸਰੀਰ ਨਰੋਏ ਹੋ ਜਾਂਦੇ ਹਨ (ਕਿਉਂਕਿ) ਪ੍ਰਭੂ ਦੀ ਸਰਨ ਪਿਆਂ (ਜੀਵਨ ਦੇ ਰਾਹ ਵਿਚ ਆਉਣ ਵਾਲੀਆਂ) ਕ੍ਰੋੜਾਂ ਰੁਕਾਵਟਾਂ ਦੂਰ ਹੋ ਜਾਂਦੀਆਂ ਹਨ, ਤੇ, ਪ੍ਰਭੂ ਨਾਲ ਮਿਲਾਪ ਦੇ ਚੰਗੇ ਅਵਸਰ ਉੱਘੜ ਪੈਂਦੇ ਹਨ ।੧।

ਹੇ ਭਾਈ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਬਜ਼ੁਰਗੀ ਮਿਣੀ ਨਹੀਂ ਜਾ ਸਕਦੀ, ਉਹ ਭਗਤੀ ਨਾਲ ਪਿਆਰ ਕਰਨ ਵਾਲਾ ਹੈ, ਉਹ ਦਇਆ ਦਾ ਸੋਮਾ ਹੈ, ਆਪਣੇ ਸੰਤਾਂ ਦੀ ਇੱਜ਼ਤ ਉਹ (ਸਦਾ ਤੋਂ ਹੀ) ਰੱਖਦਾ ਆਇਆ ਹੈ, ਆਪਣਾ ਇਹ ਮੁੱਢ-ਕਦੀਮਾਂ ਦਾ ਸੁਭਾਉ ਉਹ ਸ਼ੁਰੂ ਤੋਂ ਹੀ ਪਾਲਦਾ ਆ ਰਿਹਾ ਹੈ ।੨।

ਹੇ ਭਾਈ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਇਹ (ਆਤਮਕ) ਖ਼ੁਰਾਕ ਸਦਾ ਖਾਂਦੇ ਰਹੋ, ਹਰ ਵੇਲੇ ਆਪਣੇ ਮੂੰਹ ਵਿਚ ਪਾਂਦੇ ਰਹੋ । ਹੇ ਭਾਈ! ਗੋਬਿੰਦ ਦੇ ਗੁਣ ਸਦਾ ਗਾਂਦੇ ਰਹੋ (ਆਤਮਕ ਜੀਵਨ ਨੂੰ) ਨਾਹ ਬੁਢੇਪਾ ਆਵੇਗਾ ਨਾ ਮੌਤ ਆਵੇਗੀ, ਹਰੇਕ ਦੁੱਖ-ਕਲੇਸ਼ ਦੂਰ ਹੋ ਜਾਇਗਾ ।੩।

ਹੇ ਭਾਈ! (ਜਿਸ ਭੀ ਮਨੁੱਖ ਨੇ ਗੁਰੂ ਦੇ ਸ਼ਬਦ ਦਾ ਆਸਰਾ ਲੈ ਕੇ ਪ੍ਰਭੂ ਦਾ ਨਾਮ ਜਪਿਆ) ਮੇਰੇ ਮਾਲਕ ਨੇ ਉਸ ਦੀ ਅਰਦਾਸਿ ਸੁਣ ਲਈ, (ਕ੍ਰੋੜਾਂ ਵਿਘਨਾਂ ਦਾ ਟਾਕਰਾ ਕਰਨ ਲਈ ਉਸ ਦੇ ਅੰਦਰ) ਪੂਰੀ ਤਾਕਤ ਪੈਦਾ ਹੋ ਜਾਂਦੀ ਹੈ । ਹੇ ਨਾਨਕ! ਗੁਰੂ ਦੀ ਇਹ ਅਜ਼ਮਤ ਸਾਰੇ ਜੁਗਾਂ ਵਿਚ ਹੀ ਪਰਤੱਖ ਉੱਘੜ ਰਹਿੰਦੀ ਹੈ ।੪।੧੧।

ਸੋਰਠਿ ਮਹਲਾ ੫ ਘਰੁ ੨ ਚਉਪਦੇ ੴ ਸਤਿਗੁਰ ਪ੍ਰਸਾਦਿ ॥ ਏਕੁ ਪਿਤਾ ਏਕਸ ਕੇ ਹਮ ਬਾਰਿਕ ਤੂ ਮੇਰਾ ਗੁਰ ਹਾਈ ॥ ਸੁਣਿ ਮੀਤਾ ਜੀਉ ਹਮਾਰਾ ਬਲਿ ਬਲਿ ਜਾਸੀ ਹਰਿ ਦਰਸਨੁ ਦੇਹੁ ਦਿਖਾਈ ॥੧॥ ਸੁਣਿ ਮੀਤਾ ਧੂਰੀ ਕਉ ਬਲਿ ਜਾਈ ॥ ਇਹੁ ਮਨੁ ਤੇਰਾ ਭਾਈ ॥ ਰਹਾਉ ॥ ਪਾਵ ਮਲੋਵਾ ਮਲਿ ਮਲਿ ਧੋਵਾ ਇਹੁ ਮਨੁ ਤੈ ਕੂ ਦੇਸਾ ॥ ਸੁਣਿ ਮੀਤਾ ਹਉ ਤੇਰੀ ਸਰਣਾਈ ਆਇਆ ਪ੍ਰਭ ਮਿਲਉ ਦੇਹੁ ਉਪਦੇਸਾ ॥੨॥ ਮਾਨੁ ਨ ਕੀਜੈ ਸਰਣਿ ਪਰੀਜੈ ਕਰੈ ਸੁ ਭਲਾ ਮਨਾਈਐ ॥ ਸੁਣਿ ਮੀਤਾ ਜੀਉ ਪਿੰਡੁ ਸਭੁ ਤਨੁ ਅਰਪੀਜੈ ਇਉ ਦਰਸਨੁ ਹਰਿ ਜੀਉ ਪਾਈਐ ॥੩॥ ਭਇਓ ਅਨੁਗ੍ਰਹੁ ਪ੍ਰਸਾਦਿ ਸੰਤਨ ਕੈ ਹਰਿ ਨਾਮਾ ਹੈ ਮੀਠਾ ॥ ਜਨ ਨਾਨਕ ਕਉ ਗੁਰਿ ਕਿਰਪਾ ਧਾਰੀ ਸਭੁ ਅਕੁਲ ਨਿਰੰਜਨੁ ਡੀਠਾ ॥੪॥੧॥੧੨॥ {ਪੰਨਾ 612}

ਨੋਟ:- ਇਥੋਂ 'ਘਰੁ ੨' ਦੇ ਸ਼ਬਦ ਸ਼ੁਰੂ ਹੁੰਦੇ ਹਨ । ਪਹਿਲੇ ਸ਼ਬਦਾਂ ਦਾ ਸੰਗ੍ਰਹ ੧੧ ਹੈ ।

ਪਦਅਰਥ:- ਗੁਰ ਹਾਈ—ਗੁਰਭਾਈ । ਮੀਤਾ—ਹੇ ਮਿੱਤਰ! ਜੀਉ—ਜਿੰਦ । ਬਲਿ ਜਾਸੀ—ਸਦਕੇ ਜਾਵੇਗੀ ।੧।

ਕਉ—ਤੋਂ । ਬਲਿ ਜਾਈ—ਜਲਿ ਜਾਈਂ, ਮੈਂ ਸਦਕੇ ਜਾਂਦਾ ਹਾਂ । ਭਾਈ—ਹੇ ਭਾਈ! ।ਰਹਾਉ।

ਪਾਵ—{ਲਫ਼ਜ਼ 'ਪਾਉ' ਤੋਂ ਬਹੁ-ਵਚਨ} ਦੋਵੇਂ ਪੈਰ । ਮਲੋਵਾ—ਮਲੋਵਾਂ, ਮੈਂ ਮਲਾਂਗਾ । ਮਲਿ—ਮਲ ਕੇ । ਧੋਵਾ—ਧੋਵਾਂ, ਮੈਂ ਧੋਵਾਂਗਾ । ਤੈ ਕੂ—ਤੈਨੂੰ । ਦੇਸਾ—ਦੇਸਾਂ, ਮੈਂ ਦਿਆਂਗਾ । ਹਉ—ਮੈਂ । ਪ੍ਰਭ ਮਿਲਉ—ਮੈਂ ਪ੍ਰਭੂ ਨੂੰ ਮਿਲ ਪਵਾਂ, ਮਿਲਉਂ ।੨।

ਮਾਨੁ—ਅਹੰਕਾਰ । ਕੀਜੈ—ਕਰਨਾ ਚਾਹੀਦਾ । ਪਰੀਜੈ—ਪੈਣਾ ਚਾਹੀਦਾ ਹੈ । ਪਿੰਡੁ—ਸਰੀਰ । ਅਰਪੀਜੈ—ਭੇਟ ਕਰ ਦੇਣਾ ਚਾਹੀਦਾ ਹੈ । ਇਉ—ਇਉਂ, ਇਸ ਤਰ੍ਹਾਂ ।੩।

ਅਨੁਗ੍ਰਹੁ—ਮੇਹਰ, ਕਿਰਪਾ । ਪ੍ਰਸਾਦਿ—ਕਿਰਪਾ ਨਾਲ । ਗੁਰਿ—ਗੁਰੂ ਨੇ । ਅਕੁਲ—ਅ-ਕੁਲ, ਜਿਸ ਦੀ ਕੋਈ ਖ਼ਾਸ ਕੁਲ ਨਹੀਂ । ਨਿਰੰਜਨੁ—{ਨਿਰ-ਅੰਜਨੁ । ਅੰਜਨੁ—ਸੁਰਮਾ, ਮਾਇਆ ਦੀ ਕਾਲਖ} ਮਾਇਆ ਦੇ ਪ੍ਰਭਾਵ ਤੋਂ ਰਹਿਤ ।੪।

ਜ਼ਰੂਰੀ ਨੋਟ:- ਇਸ ਸ਼ਬਦ ਵਿਚ ਇਕ ਜਿਗਿਆਸੂ ਪਾਸੋਂ ਸਵਾਲ ਕਰਾ ਕੇ, ਤੇ, ਕਿਸੇ ਗੁਰਮੁਖਿ ਪਾਸੋਂ ਉੱਤਰ ਦਿਵਾ ਕੇ ਪਰਮਾਤਮਾ ਦੇ ਮਿਲਾਪ ਦੀ ਜੁਗਤੀ ਦੱਸੀ ਗਈ ਹੈ ।

ਅਰਥ:- ਹੇ ਮਿੱਤਰ! (ਮੇਰੀ ਬੇਨਤੀ) ਸੁਣ । ਮੈਂ (ਤੇਰੇ ਚਰਨਾਂ ਦੀ) ਧੂੜ ਤੋਂ ਕੁਰਬਾਨ ਜਾਂਦਾ ਹਾਂ । ਹੇ ਭਰਾ! (ਮੈਂ ਆਪਣਾ) ਇਹ ਮਨ ਤੇਰਾ (ਆਗਿਆਕਾਰ ਬਣਾਣ ਨੂੰ ਤਿਆਰ ਹਾਂ) ।ਰਹਾਉ।

ਹੇ ਮਿੱਤਰ! (ਸਾਡਾ) ਇਕੋ ਹੀ ਪ੍ਰਭੂ-ਪਿਤਾ ਹੈ, ਅਸੀ ਇਕੋ ਪ੍ਰਭੂ-ਪਿਤਾ ਦੇ ਬੱਚੇ ਹਾਂ, (ਫਿਰ,) ਤੂੰ ਮੇਰਾ ਗੁਰਭਾਈ (ਭੀ) ਹੈਂ । ਮੈਨੂੰ ਪਰਮਾਤਮਾ ਦਾ ਦਰਸਨ ਕਰਾ ਦੇਹ । ਮੇਰੀ ਜਿੰਦ ਤੈਥੋਂ ਮੁੜ ਮੁੜ ਸਦਕੇ ਜਾਇਆ ਕਰੇਗੀ ।੧।

ਹੇ ਮਿੱਤਰ! ਮੈਂ (ਤੇਰੇ ਦੋਵੇਂ) ਪੈਰ ਮਲਾਂਗਾ, (ਇਹਨਾਂ ਨੂੰ) ਮਲ ਮਲ ਕੇ ਧੋਵਾਂਗਾ, ਮੈਂ ਆਪਣਾ ਇਹ ਮਨ ਤੇਰੇ ਹਵਾਲੇ ਕਰ ਦਿਆਂਗਾ । ਹੇ ਮਿੱਤਰ! (ਮੇਰੀ ਬੇਨਤੀ) ਸੁਣ । ਮੈਂ ਤੇਰੀ ਸ਼ਰਨ ਆਇਆ ਹਾਂ । ਮੈਨੂੰ (ਅਜੇਹਾ) ਉਪਦੇਸ਼ ਦੇਹ (ਕਿ) ਮੈਂ ਪ੍ਰਭੂ ਨੂੰ ਮਿਲ ਸਕਾਂ ।੨।

{ਨੋਟ:- ਗੁਰਮੁਖਿ ਪ੍ਰਭੂ-ਮਿਲਾਪ ਦੀ ਜੁਗਤਿ ਦੱਸਦਾ ਹੈ}

ਹੇ ਮਿੱਤਰ! ਸੁਣ । (ਕਿਸੇ ਕਿਸਮ ਦਾ) ਅਹੰਕਾਰ ਨਹੀਂ ਕਰਨਾ ਚਾਹੀਦਾ, ਪ੍ਰਭੂ ਦੀ ਸ਼ਰਨ ਪਏ ਰਹਿਣਾ ਚਾਹੀਦਾ ਹੈ । ਜੋ ਕੁਝ ਪਰਮਾਤਮਾ ਕਰ ਰਿਹਾ ਹੈ, ਉਸ ਨੂੰ ਭਲਾ ਕਰ ਕੇ ਮੰਨਣਾ ਚਾਹੀਦਾ ਹੈ । ਇਹ ਜਿੰਦ ਤੇ ਇਹ ਸਰੀਰ ਸਭ ਕੁਝ ਉਸ ਦੀ ਭੇਟ ਕਰ ਦੇਣਾ ਚਾਹੀਦਾ ਹੈ । ਇਸ ਤਰ੍ਹਾਂ ਪਰਮਾਤਮਾ ਨੂੰ ਲੱਭ ਲਈਦਾ ਹੈ ।੩।

ਹੇ ਮਿੱਤਰ! ਸੰਤ ਜਨਾਂ ਦੀ ਕਿਰਪਾ ਨਾਲ (ਜਿਸ ਮਨੁੱਖ ਉਤੇ ਪ੍ਰਭੂ ਦੀ) ਮੇਹਰ ਹੋਵੇ ਉਸ ਨੂੰ ਪਰਮਾਤਮਾ ਦਾ ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ । (ਹੇ ਮਿੱਤਰ!) ਦਾਸ ਨਾਨਕ ਉੱਤੇ ਗੁਰੂ ਨੇ ਕਿਰਪਾ ਕੀਤੀ ਤਾਂ (ਨਾਨਕ ਨੂੰ) ਹਰ ਥਾਂ ਉਹ ਪ੍ਰਭੂ ਦਿੱਸਣ ਲੱਗ ਪਿਆ, ਜਿਸ ਦੀ ਕੋਈ ਖ਼ਾਸ ਕੁਲ ਨਹੀਂ, ਤੇ, ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ।੪।੧।੧੨।

ਸੋਰਠਿ ਮਹਲਾ ੫ ॥ ਕੋਟਿ ਬ੍ਰਹਮੰਡ ਕੋ ਠਾਕੁਰੁ ਸੁਆਮੀ ਸਰਬ ਜੀਆ ਕਾ ਦਾਤਾ ਰੇ ॥ ਪ੍ਰਤਿਪਾਲੈ ਨਿਤ ਸਾਰਿ ਸਮਾਲੈ ਇਕੁ ਗੁਨੁ ਨਹੀ ਮੂਰਖਿ ਜਾਤਾ ਰੇ ॥੧॥ ਹਰਿ ਆਰਾਧਿ ਨ ਜਾਨਾ ਰੇ ॥ ਹਰਿ ਹਰਿ ਗੁਰੁ ਗੁਰੁ ਕਰਤਾ ਰੇ ॥ ਹਰਿ ਜੀਉ ਨਾਮੁ ਪਰਿਓ ਰਾਮਦਾਸੁ ॥ ਰਹਾਉ ॥ ਦੀਨ ਦਇਆਲ ਕ੍ਰਿਪਾਲ ਸੁਖ ਸਾਗਰ ਸਰਬ ਘਟਾ ਭਰਪੂਰੀ ਰੇ ॥ ਪੇਖਤ ਸੁਨਤ ਸਦਾ ਹੈ ਸੰਗੇ ਮੈ ਮੂਰਖ ਜਾਨਿਆ ਦੂਰੀ ਰੇ ॥੨॥ ਹਰਿ ਬਿਅੰਤੁ ਹਉ ਮਿਤਿ ਕਰਿ ਵਰਨਉ ਕਿਆ ਜਾਨਾ ਹੋਇ ਕੈਸੋ ਰੇ ॥ ਕਰਉ ਬੇਨਤੀ ਸਤਿਗੁਰ ਅਪੁਨੇ ਮੈ ਮੂਰਖ ਦੇਹੁ ਉਪਦੇਸੋ ਰੇ ॥੩॥ ਮੈ ਮੂਰਖ ਕੀ ਕੇਤਕ ਬਾਤ ਹੈ ਕੋਟਿ

ਪਰਾਧੀ ਤਰਿਆ ਰੇ ॥ ਗੁਰੁ ਨਾਨਕੁ ਜਿਨ ਸੁਣਿਆ ਪੇਖਿਆ ਸੇ ਫਿਰਿ ਗਰਭਾਸਿ ਨ ਪਰਿਆ ਰੇ ॥੪॥੨॥੧੩॥ {ਪੰਨਾ 612}

ਪਦਅਰਥ:- ਬ੍ਰਹਮੰਡ—ਸ੍ਰਿਸ਼ਟੀ । ਕੋ—ਦਾ । ਠਾਕੁਰੁ—ਪਾਲਣਹਾਰ । ਰੇ—ਹੇ ਭਾਈ! ਸਾਰਿ—ਸਾਰ ਲੈ ਕੇ । ਸਮਾਲੈ—ਸੰਭਾਲ ਕਰਦਾ ਹੈ । ਮੂਰਖਿ—ਮੂਰਖ ਨੇ ।੧।

ਆਰਾਧਿ ਨ ਜਾਨਾ—(ਮੈਂ) ਆਰਾਧਨਾ ਕਰਨੀ ਨਹੀਂ ਸਮਝੀ । ਕਰਤਾ—ਕਰਦਾ ਹਾਂ । ਰੇ—ਹੇ ਭਾਈ! ਹਰਿ ਜੀਉ—ਹੇ ਪ੍ਰਭੂ ਜੀ! ਪਰਿਓ—ਪੈ ਗਿਆ ਹੈ । ਰਾਮ ਦਾਸੁ—ਰਾਮ ਦਾ ਦਾਸ ।ਰਹਾਉ।

ਸੁਖ ਸਾਗਰ—ਸੁਖਾਂ ਦਾ ਸਮੁੰਦਰ । ਭਰਪੂਰੀ—ਵਿਆਪਕ । ਸਰਬ ਘਟਾ—ਸਾਰੇ ਸਰੀਰਾਂ ਵਿਚ । ਸੰਗੇ—ਨਾਲ ਹੀ ।੨।

ਹਉ—ਮੈਂ । ਮਿਤਿ—ਹੱਦ-ਬੰਦੀ । ਕਰਿ—ਕਰ ਕੇ । ਵਰਨਉ—ਵਰਨਉਂ, ਮੈਂ ਬਿਆਨ ਕਰਦਾ ਹਾਂ । ਕਿਆ ਜਾਨਾ—ਮੈਂ ਕੀਹ ਜਾਣਦਾ ਹਾਂ? ਕਰਉ—ਕਰਉਂ । ਮੈ ਮੂਰਖ—ਮੈਨੂੰ ਮੂਰਖ ਨੂੰ ।੩।

ਕੇਤਕ ਬਾਤ ਹੈ—ਕੋਈ ਵੱਡੀ ਗੱਲ ਨਹੀਂ । ਕੋਟਿ—ਕ੍ਰੋੜਾਂ । ਜਿਨ—ਜਿਨ੍ਹਾਂ ਨੇ । ਗਰਭਾਸਿ—ਗਰਭ-ਆਸ਼ੈ ਵਿਚ, ਗਰਭ-ਜੋਨਿ ਵਿਚ ।੪।

ਅਰਥ:- ਹੇ ਭਾਈ! ਮੈਨੂੰ ਪਰਮਾਤਮਾ ਦਾ ਸਿਮਰਨ ਕਰਨ ਦੀ ਜਾਚ ਨਹੀਂ । ਮੈਂ (ਤਾਂ ਜ਼ਬਾਨੀ ਜ਼ਬਾਨੀ ਹੀ) 'ਹਰੀ ਹਰੀ', 'ਗੁਰੂ ਗੁਰੂ' ਕਰਦਾ ਰਹਿੰਦਾ ਹਾਂ । ਹੇ ਪ੍ਰਭੂ ਜੀ! ਮੇਰਾ ਨਾਮ "ਰਾਮ ਦਾ ਦਾਸ" ਪੈ ਗਿਆ ਹੈ (ਹੁਣ ਤੂੰ ਹੀ ਮੇਰੀ ਲਾਜ ਰੱਖ, ਤੇ, ਭਗਤੀ ਦੀ ਦਾਤਿ ਦੇਹ) ।ਰਹਾਉ।

ਹੇ ਭਾਈ! ਮੈਂ ਮੂਰਖ ਨੇ ਉਸ ਪਰਮਾਤਮਾ ਦਾ ਇੱਕ ਭੀ ਉਪਕਾਰ ਨਹੀਂ ਸਮਝਿਆ, ਜੇਹੜਾ ਕ੍ਰੋੜਾਂ ਬ੍ਰਹਮੰਡਾਂ ਦਾ ਪਾਲਣਹਾਰ ਮਾਲਕ ਹੈ, ਜੇਹੜਾ ਸਾਰੇ ਜੀਵਾਂ ਨੂੰ (ਰਿਜ਼ਕ ਆਦਿਕ) ਦਾਤਾਂ ਦੇਣ ਵਾਲਾ ਹੈ, ਜੇਹੜਾ (ਸਭ ਜੀਵਾਂ ਨੂੰ) ਪਾਲਦਾ ਹੈ, ਸਦਾ (ਸਭ ਦੀ) ਸਾਰ ਲੈ ਕੇ ਸੰਭਾਲ ਕਰਦਾ ਹੈ ।੧।

ਹੇ ਭਾਈ! ਮੈਂ ਮੂਰਖ ਉਸ ਪਰਮਾਤਮਾ ਨੂੰ ਕਿਤੇ ਦੂਰ-ਵੱਸਦਾ ਸਮਝ ਰਿਹਾ ਹਾਂ ਜੇਹੜਾ ਗਰੀਬਾਂ ਉਤੇ ਦਇਆ ਕਰਨ ਵਾਲਾ ਹੈ, ਜੇਹੜਾ ਦਇਆ ਦਾ ਘਰ ਹੈ, ਜੇਹੜਾ ਸੁਖਾਂ ਦਾ ਸਮੁੰਦਰ ਹੈ, ਜੇਹੜਾ ਸਾਰੇ ਸਰੀਰਾਂ ਵਿਚ ਹਰ ਥਾਂ ਮੌਜੂਦ ਹੈ, ਜੇਹੜਾ ਸਭ ਜੀਵਾਂ ਦੇ ਅੰਗ-ਸੰਗ ਰਹਿ ਕੇ ਸਭਨਾਂ ਦੇ ਕਰਮ ਵੇਖਦਾ ਹੈ ਤੇ (ਸਭ ਦੀਆਂ ਅਰਜ਼ੋਈਆਂ) ਸੁਣਦਾ ਰਹਿੰਦਾ ਹੈ ।੨।

ਹੇ ਭਾਈ! ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਪਰ ਮੈਂ ਉਸ ਦੇ ਗੁਣਾਂ ਨੂੰ ਹੱਦ-ਬੰਦੀ ਵਿਚ ਲਿਆ ਕੇ ਬਿਆਨ ਕਰਦਾ ਹਾਂ । ਮੈਂ ਕੀਹ ਜਾਣ ਸਕਦਾ ਹਾਂ ਕਿ ਉਹ ਪਰਮਾਤਮਾ ਕਿਹੋ ਜਿਹਾ ਹੈ? ਹੇ ਭਾਈ! ਮੈਂ ਆਪਣੇ ਗੁਰੂ ਦੇ ਪਾਸ ਬੇਨਤੀ ਕਰਦਾ ਹਾਂ ਕਿ ਮੈਨੂੰ ਮੂਰਖ ਨੂੰ ਸਿੱਖਿਆ ਦੇਵੇ ।੩।

ਹੇ ਭਾਈ! ਮੈਨੂੰ ਮੂਰਖ ਨੂੰ ਪਾਰ ਲੰਘਾਣਾ (ਗੁਰੂ ਵਾਸਤੇ) ਕੋਈ ਵੱਡੀ ਗੱਲ ਨਹੀਂ (ਉਸ ਦੇ ਦਰ ਤੇ ਆ ਕੇ ਤਾਂ) ਕ੍ਰੋੜਾਂ ਪਾਪੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਰਹੇ ਹਨ । ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਨਾਨਕ (ਦੇ ਉਪਦੇਸ਼) ਨੂੰ ਸੁਣਿਆ ਹੈ ਗੁਰੂ ਨਾਨਕ ਦਾ ਦਰਸ਼ਨ ਕੀਤਾ ਹੈ, ਉਹ ਮੁੜ ਕਦੇ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦੇ ।੪।੨।੧੩।

ਸੋਰਠਿ ਮਹਲਾ ੫ ॥ ਜਿਨਾ ਬਾਤ ਕੋ ਬਹੁਤੁ ਅੰਦੇਸਰੋ ਤੇ ਮਿਟੇ ਸਭਿ ਗਇਆ ॥ ਸਹਜ ਸੈਨ ਅਰੁ ਸੁਖਮਨ ਨਾਰੀ ਊਧ ਕਮਲ ਬਿਗਸਇਆ ॥੧॥ ਦੇਖਹੁ ਅਚਰਜੁ ਭਇਆ ॥ ਜਿਹ ਠਾਕੁਰ ਕਉ ਸੁਨਤ ਅਗਾਧਿ ਬੋਧਿ ਸੋ ਰਿਦੈ ਗੁਰਿ ਦਇਆ ॥ ਰਹਾਉ ॥ ਜੋਇ ਦੂਤ ਮੋਹਿ ਬਹੁਤੁ ਸੰਤਾਵਤ ਤੇ ਭਇਆਨਕ ਭਇਆ ॥ ਕਰਹਿ ਬੇਨਤੀ ਰਾਖੁ ਠਾਕੁਰ ਤੇ ਹਮ ਤੇਰੀ ਸਰਨਇਆ ॥੨॥ ਜਹ ਭੰਡਾਰੁ ਗੋਬਿੰਦ ਕਾ ਖੁਲਿਆ ਜਿਹ ਪ੍ਰਾਪਤਿ ਤਿਹ ਲਇਆ ॥ ਏਕੁ ਰਤਨੁ ਮੋ ਕਉ ਗੁਰਿ ਦੀਨਾ ਮੇਰਾ ਮਨੁ ਤਨੁ ਸੀਤਲੁ ਥਿਆ ॥੩॥ ਏਕ ਬੂੰਦ ਗੁਰਿ ਅੰਮ੍ਰਿਤੁ ਦੀਨੋ ਤਾ ਅਟਲੁ ਅਮਰੁ ਨ ਮੁਆ ॥ ਭਗਤਿ ਭੰਡਾਰ ਗੁਰਿ ਨਾਨਕ ਕਉ ਸਉਪੇ ਫਿਰਿ ਲੇਖਾ ਮੂਲਿ ਨ ਲਇਆ ॥੪॥੩॥੧੪॥ {ਪੰਨਾ 612}

ਪਦਅਰਥ:- ਕੋ—ਦਾ । ਜਿਨਾ ਬਾਤ ਕੋ—ਜਿਨ੍ਹਾਂ ਗੱਲਾਂ ਦਾ । ਅੰਦੇਸਰੋ—ਚਿੰਤਾ-ਫ਼ਿਕਰ । ਤੇ ਸਭਿ—ਉਹ ਸਾਰੀਆਂ ਗੱਲਾਂ । ਸਹਜ—ਆਤਮਕ ਅਡੋਲਤਾ । ਸੈਨ—ਲੀਨਤਾ । ਸਹਜ ਸੈਨ—ਆਤਮਕ ਅਡੋਲਤਾ ਵਿਚ ਲੀਨਤਾ । ਸੁਖਮਨ—ਮਨ ਨੂੰ ਸੁਖ ਦੇਣ ਵਾਲੀਆਂ । ਨਾਰੀ—ਨਾਰੀਆਂ, ਇੰਦ੍ਰੀਆਂ । ਊਧ—ਉਲਟਾ । ਬਿਗਸਇਆ—ਖਿੜ ਪਿਆ ਹੈ ।੧।

ਅਚਰਜੁ—ਅਨੋਖਾ ਤਮਾਸ਼ਾ । ਜਿਹ ਕਉ—ਜਿਸ ਨੂੰ । ਅਗਾਧਿ—ਅਥਾਹ, ਬਹੁਤ ਹੀ ਡੂੰਘਾ । ਬੋਧਿ—ਅਕਲ ਦੀ ਰਾਹੀਂ । ਅਗਾਧਿ ਬੋਧਿ—ਸਮਝ ਲਈ ਅਥਾਹ । ਰਿਦੈ—ਹਿਰਦੇ ਵਿਚ । ਗੁਰਿ—ਗੁਰੂ ਨੇ ।ਰਹਾਉ।

ਜੋਇ ਦੂਤ—ਜੇਹੜੇ ਵੈਰੀ । ਮੋਹਿ—ਮੈਨੂੰ । ਤੇ—{ਬਹੁ-ਵਚਨ} ਉਹ । ਭਇਆਨਕ—ਭੈ-ਭੀਤ । ਕਰਹਿ—ਕਰਦੇ ਹਨ । ਤੇ—ਤੋਂ । ਰਾਖੁ—ਬਚਾ ਲੈ ।੨।

ਜਹ—ਜਿੱਥੇ, ਜਿਸ ਅਵਸਥਾ ਵਿਚ । ਭੰਡਾਰੁ—ਖ਼ਜ਼ਾਨਾ । ਜਿਹ—ਜਿਸ ਨੂੰ । ਤਿਹ—ਉਸ ਨੇ ।੩।

ਗੁਰਿ—ਗੁਰੂ ਨੇ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਅਟਲੁ—ਅਡੋਲ । ਅਮਰੁ—ਆਤਮਕ ਮੌਤ ਤੋਂ ਬਚਿਆ ਹੋਇਆ । ਨ ਮੁਆ—ਨਹੀਂ ਮਰਦਾ, ਆਤਮਕ ਮੌਤ ਨੇੜੇ ਨਹੀਂ ਢੁਕਦੀ । ਭੰਡਾਰ—ਖ਼ਜ਼ਾਨੇ । ਕਉ—ਨੂੰ । ਲੇਖਾ—ਕਰਮਾਂ ਦਾ ਹਿਸਾਬ । ਮੂਲਿ ਨ—ਬਿਲਕੁਲ ਨਹੀਂ ।੪।

ਅਰਥ:- ਹੇ ਭਾਈ! ਵੇਖੋ (ਮੇਰੇ ਅੰਦਰ) ਇਕ ਅਨੋਖਾ ਕੌਤਕ ਵਰਤਿਆ ਹੈ । ਗੁਰੂ ਨੇ (ਮੈਨੂੰ ਮੇਰੇ) ਹਿਰਦੇ ਵਿਚ ਉਹ ਪਰਮਾਤਮਾ (ਵਿਖਾ) ਦਿੱਤਾ ਹੈ ਜਿਸ ਦੀ ਬਾਬਤ ਸੁਣਦੇ ਸਾਂ ਕਿ ਉਹ ਮਨੁੱਖਾ ਸਮਝ ਤੋਂ ਬਹੁਤ ਪਰੇ ਹੈ ।ਰਹਾਉ।

ਹੇ ਭਾਈ! ਜਿਨ੍ਹਾਂ ਗੱਲਾਂ ਦਾ ਮੈਨੂੰ ਬਹੁਤ ਚਿੰਤਾ-ਫ਼ਿਕਰ ਲੱਗਾ ਰਹਿੰਦਾ ਸੀ (ਗੁਰੂ ਦੀ ਕਿਰਪਾ ਨਾਲ) ਉਹ ਸਾਰੇ ਚਿੰਤਾ-ਫ਼ਿਕਰ ਮਿਟ ਗਏ ਹਨ । ਮੇਰਾ ਪੁੱਠਾ ਪਿਆ ਹੋਇਆ ਹਿਰਦਾ-ਕੌਲ ਫੁੱਲ ਖਿੜ ਪਿਆ ਹੈ, ਆਤਮਕ ਅਡੋਲਤਾ ਵਿਚ ਮੇਰੀ ਲੀਨਤਾ ਹੋਈ ਰਹਿੰਦੀ ਹੈ, ਅਤੇ, ਮੇਰੀਆਂ ਸਾਰੀਆਂ ਇੰਦ੍ਰੀਆਂ ਹੁਣ ਮੇਰੇ ਮਨ ਨੂੰ ਆਤਮਕ ਸੁਖ ਦੇਣ ਵਾਲੀਆਂ ਹੋ ਗਈਆਂ ਹਨ ।੧।

ਹੇ ਭਾਈ! ਜੇਹੜੇ (ਕਾਮਾਦਿਕ) ਵੈਰੀ ਮੈਨੂੰ ਬਹੁਤ ਸਤਾਇਆ ਕਰਦੇ ਸਨ, ਉਹ ਹੁਣ (ਮੇਰੇ ਨੇੜੇ ਢੁਕਣੋਂ) ਡਰਦੇ ਹਨ, ਉਹ ਸਗੋਂ ਤਰਲੇ ਕਰਦੇ ਹਨ ਕਿ ਅਸੀ ਹੁਣ ਤੇਰੇ ਅਧੀਨ ਹੋ ਕੇ ਰਹਾਂਗੇ, ਸਾਨੂੰ ਮਾਲਕ-ਪ੍ਰਭੂ (ਦੀ ਕ੍ਰੋਪੀ) ਤੋਂ ਬਚਾ ਲੈ ।੨।

ਹੇ ਭਾਈ! (ਮੇਰੇ ਅੰਦਰ ਉਹ ਕੌਤਕ ਅਜੇਹਾ ਵਰਤਿਆ ਹੈ) ਕਿ ਉਸ ਅਵਸਥਾ ਵਿਚ ਪਰਮਾਤਮਾ (ਦੀ ਭਗਤੀ) ਦਾ ਖ਼ਜ਼ਾਨਾ (ਮੇਰੇ ਅੰਦਰ) ਖੁਲ੍ਹ ਪਿਆ ਹੈ । ਪਰ (ਹੇ ਭਾਈ! ਇਹ ਖ਼ਜ਼ਾਨਾ) ਉਸ ਮਨੁੱਖ ਨੂੰ ਹੀ ਮਿਲਦਾ ਹੈ ਜਿਸ ਦੇ ਭਾਗਾਂ ਵਿਚ ਇਸ ਦੀ ਪ੍ਰਾਪਤੀ ਲਿਖੀ ਹੋਈ ਹੈ । ਹੇ ਭਾਈ! ਗੁਰੂ ਨੇ ਮੈਨੂੰ (ਪਰਮਾਤਮਾ ਦਾ ਨਾਮ) ਇਕ ਐਸਾ ਰਤਨ ਦੇ ਦਿੱਤਾ ਹੈ ਕਿ (ਉਸ ਦੀ ਬਰਕਤਿ ਨਾਲ) ਮੇਰਾ ਮਨ ਠੰਢਾ-ਠਾਰ ਹੋ ਗਿਆ ਹੈ, ਮੇਰਾ ਸਰੀਰ ਸ਼ਾਂਤ ਹੋ ਗਿਆ ਹੈ ।੩।

ਹੇ ਭਾਈ! ਗੁਰੂ ਨੇ ਮੈਨੂੰ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਇਕ ਬੂੰਦ ਦਿੱਤੀ ਹੈ, ਹੁਣ ਮੇਰਾ ਆਤਮਾ (ਵਿਕਾਰਾਂ ਵਲੋਂ) ਅਡੋਲ ਹੋ ਗਿਆ ਹੈ, ਆਤਮਕ ਮੌਤ ਤੋਂ ਮੈਂ ਬਚ ਗਿਆ ਹਾਂ, ਆਤਮਕ ਮੌਤ ਮੇਰੇ ਨੇੜੇ ਨਹੀਂ ਢੁਕਦੀ । ਹੇ ਭਾਈ! (ਜਦੋਂ ਤੋਂ) ਗੁਰੂ ਨੇ ਨਾਨਕ ਨੂੰ ਪਰਮਾਤਮਾ ਦੀ ਭਗਤੀ ਦੇ ਖ਼ਜ਼ਾਨੇ ਬਖ਼ਸ਼ ਦਿੱਤੇ ਹਨ, ਉਸ ਤੋਂ ਪਿੱਛੋਂ ਕੀਤੇ ਕਰਮਾਂ ਦਾ ਹਿਸਾਬ ਉੱਕਾ ਹੀ ਨਹੀਂ ਮੰਗਿਆ ।੪।੩।੧੪।

ਸੋਰਠਿ ਮਹਲਾ ੫ ॥ ਚਰਨ ਕਮਲ ਸਿਉ ਜਾ ਕਾ ਮਨੁ ਲੀਨਾ ਸੇ ਜਨ ਤ੍ਰਿਪਤਿ ਅਘਾਈ ॥ ਗੁਣ ਅਮੋਲ ਜਿਸੁ ਰਿਦੈ ਨ ਵਸਿਆ ਤੇ ਨਰ ਤ੍ਰਿਸਨ ਤ੍ਰਿਖਾਈ ॥੧॥ ਹਰਿ ਆਰਾਧੇ ਅਰੋਗ ਅਨਦਾਈ ॥ ਜਿਸ ਨੋ ਵਿਸਰੈ ਮੇਰਾ ਰਾਮ ਸਨੇਹੀ ਤਿਸੁ ਲਾਖ ਬੇਦਨ ਜਣੁ ਆਈ ॥ ਰਹਾਉ ॥ ਜਿਹ ਜਨ ਓਟ ਗਹੀ ਪ੍ਰਭ ਤੇਰੀ ਸੇ ਸੁਖੀਏ ਪ੍ਰਭ ਸਰਣੇ ॥ ਜਿਹ ਨਰ ਬਿਸਰਿਆ ਪੁਰਖੁ ਬਿਧਾਤਾ ਤੇ ਦੁਖੀਆ ਮਹਿ ਗਨਣੇ ॥੨॥ ਜਿਹ ਗੁਰ ਮਾਨਿ ਪ੍ਰਭੂ ਲਿਵ ਲਾਈ ਤਿਹ ਮਹਾ ਅਨੰਦ ਰਸੁ ਕਰਿਆ ॥ ਜਿਹ ਪ੍ਰਭੂ ਬਿਸਾਰਿ ਗੁਰ ਤੇ ਬੇਮੁਖਾਈ ਤੇ ਨਰਕ ਘੋਰ ਮਹਿ ਪਰਿਆ ॥੩॥ ਜਿਤੁ ਕੋ ਲਾਇਆ ਤਿਤ ਹੀ ਲਾਗਾ ਤੈਸੋ ਹੀ ਵਰਤਾਰਾ ॥ ਨਾਨਕ ਸਹ ਪਕਰੀ ਸੰਤਨ ਕੀ ਰਿਦੈ ਭਏ ਮਗਨ ਚਰਨਾਰਾ ॥੪॥੪॥੧੫॥ {ਪੰਨਾ 612-613}

ਪਦਅਰਥ:- ਜਾ ਕਾ ਮਨੁ—ਜਿਨ੍ਹਾਂ ਮਨੁੱਖਾਂ ਦਾ ਮਨ । ਸੇ ਜਨ—ਉਹ ਬੰਦੇ । ਤ੍ਰਿਪਤਿ ਅਘਾਈ—(ਮਾਇਆ ਵਲੋਂ) ਪੂਰੇ ਤੌਰ ਤੇ ਰੱਜੇ ਰਹਿੰਦੇ ਹਨ । ਜਿਸੁ ਰਿਦੈ—ਜਿਸੁ ਜਿਸੁ ਰਿਦੈ, ਜਿਸ ਜਿਸ ਦੇ ਹਿਰਦੇ ਵਿਚ । ਤੇ ਨਰ—ਉਹ ਬੰਦੇ । ਤ੍ਰਿਖਾਈ—ਤਿਹਾਏ ।੧।

ਅਰੋਗ—ਨਰੋਏ । ਅਨਦਾਈ—ਪ੍ਰਸੰਨ, ਆਨੰਦ-ਮਈ । ਸਨੇਹੀ—ਪਿਆਰਾ । ਬੇਦਨ—ਪੀੜਾਂ, ਦੁੱਖ । ਜਣੁ—ਜਾਣੋ, ਸਮਝੋ, ਮਾਨੋ ।ਰਹਾਉ।

ਓਟ—ਆਸਰਾ । ਗਹੀ—ਫੜੀ । ਪ੍ਰਭ—ਹੇ ਪ੍ਰਭੂ! ਗਨਣੇ—ਗਿਣੇ ਜਾਂਦੇ ਹਨ ।੨।

ਗੁਰ ਮਾਨਿ—ਗੁਰੂ ਦਾ ਹੁਕਮ ਮੰਨ ਕੇ । ਲਿਵ ਲਾਈ—ਸੁਰਤਿ ਜੋੜੀ । ਗੁਰ ਤੇ—ਗੁਰੂ ਤੋਂ । ਤੇ—ਉਹ ਬੰਦੇ । ਘੋਰ—ਭਿਆਨਕ ।੩।

ਜਿਤੁ—ਜਿਸ (ਕੰਮ) ਵਿਚ । ਕੋ—ਕੋਈ ਬੰਦਾ । ਤਿਤ ਹੀ—{ਲਫ਼ਜ਼ 'ਜਿਤੁ' ਵਾਂਗ 'ਤਿਤੁ' ਦੇ ਅਖ਼ੀਰ ਤੇ ਭੀ ੁ ਹੈ । ਪਰ ਇਹ ੁ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ} ਉਸ (ਕੰਮ) ਵਿਚ ਹੀ । ਸਹ—ਓਟ, ਸ਼ਹ । ਮਗਨ—ਮਸਤ ।੪।

ਅਰਥ:- ਹੇ ਭਾਈ! ਪਰਮਾਤਮਾ ਦਾ ਆਰਾਧਨ ਕਰਨ ਨਾਲ ਨਰੋਏ ਹੋ ਜਾਈਦਾ ਹੈ, ਆਤਮਕ ਅਨੰਦ ਬਣਿਆ ਰਹਿੰਦਾ ਹੈ । ਪਰ ਜਿਸ ਮਨੁੱਖ ਨੂੰ ਮੇਰਾ ਪਿਆਰਾ ਪ੍ਰਭੂ ਭੁੱਲ ਜਾਂਦਾ ਹੈ, ਉਸ ਉਤੇ (ਇਉਂ) ਜਾਣੋ (ਜਿਵੇਂ) ਲੱਖਾਂ

ਤਕਲੀਫ਼ਾਂ ਆ ਪੈਂਦੀਆਂ ਹਨ ।ਰਹਾਉ।

ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਮਨ ਪ੍ਰਭੂ ਦੇ ਕੌਲ ਫੁੱਲਾਂ ਵਰਗੇ ਕੋਮਲ ਚਰਨਾਂ ਨਾਲ ਪਰਚ ਜਾਂਦਾ ਹੈ, ਉਹ ਮਨੁੱਖ (ਮਾਇਆ ਵਲੋਂ) ਪੂਰੇ ਤੌਰ ਤੇ ਸੰਤੋਖੀ ਰਹਿੰਦੇ ਹਨ । ਪਰ ਜਿਸ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੇ ਅਮੋਲਕ ਗੁਣ ਨਹੀਂ ਆ ਵੱਸਦੇ, ਉਹ ਮਨੁੱਖ ਮਾਇਆ ਦੀ ਤ੍ਰਿਸ਼ਨਾ ਵਿਚ ਫਸੇ ਰਹਿੰਦੇ ਹਨ ।੧।

ਹੇ ਪ੍ਰਭੂ! ਜਿਨ੍ਹਾਂ ਮਨੁੱਖਾਂ ਨੇ ਤੇਰਾ ਆਸਰਾ ਲਿਆ, ਉਹ ਤੇਰੀ ਸ਼ਰਨ ਵਿਚ ਰਹਿ ਕੇ ਸੁਖ ਮਾਣਦੇ ਹਨ । ਪਰ, ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਸਰਬ-ਵਿਆਪਕ ਕਰਤਾਰ ਭੁੱਲ ਜਾਂਦਾ ਹੈ, ਉਹ ਮਨੁੱਖ ਦੁਖੀਆਂ ਵਿਚ ਗਿਣੇ ਜਾਂਦੇ ਹਨ ।੨।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਆਗਿਆ ਮੰਨ ਕੇ ਪਰਮਾਤਮਾ ਵਿਚ ਸੁਰਤਿ ਜੋੜ ਲਈ, ਉਹਨਾਂ ਨੇ ਬੜਾ ਆਨੰਦ ਬੜਾ ਰਸ ਮਾਣਿਆ । ਪਰ ਜੇਹੜੇ ਮਨੁੱਖ ਪਰਮਾਤਮਾ ਨੂੰ ਭੁਲਾ ਕੇ ਗੁਰੂ ਵਲੋਂ ਮੂੰਹ ਮੋੜੀ ਰੱਖਦੇ ਹਨ ਉਹ ਭਿਆਨਕ ਨਰਕ ਵਿਚ ਪਏ ਰਹਿੰਦੇ ਹਨ ।੩।

ਹੇ ਨਾਨਕ! (ਜੀਵਾਂ ਦੇ ਕੀਹ ਵੱਸ?) ਜਿਸ ਕੰਮ ਵਿਚ ਪਰਮਾਤਮਾ ਕਿਸੇ ਜੀਵ ਨੂੰ ਲਾਂਦਾ ਹੈ ਉਸੇ ਕੰਮ ਵਿਚ ਹੀ ਉਹ ਲੱਗਾ ਰਹਿੰਦਾ ਹੈ, ਹਰੇਕ ਜੀਵ ਉਹੋ ਜਿਹੀ ਵਰਤੋਂ ਹੀ ਕਰਦਾ ਹੈ । ਜਿਨ੍ਹਾਂ ਮਨੁੱਖਾਂ ਨੇ (ਪ੍ਰਭੂ ਦੀ ਪ੍ਰੇਰਨਾ ਨਾਲ) ਸੰਤ ਜਨਾਂ ਦਾ ਆਸਰਾ ਲਿਆ ਹੈ ਉਹ ਅੰਦਰੋਂ ਪ੍ਰਭੂ ਦੇ ਚਰਨਾਂ ਵਿਚ ਹੀ ਮਸਤ ਰਹਿੰਦੇ ਹਨ ।੪।੪।੧੫।

ਸੋਰਠਿ ਮਹਲਾ ੫ ॥ ਰਾਜਨ ਮਹਿ ਰਾਜਾ ਉਰਝਾਇਓ ਮਾਨਨ ਮਹਿ ਅਭਿਮਾਨੀ ॥ ਲੋਭਨ ਮਹਿ ਲੋਭੀ ਲੋਭਾਇਓ ਤਿਉ ਹਰਿ ਰੰਗਿ ਰਚੇ ਗਿਆਨੀ ॥੧॥ ਹਰਿ ਜਨ ਕਉ ਇਹੀ ਸੁਹਾਵੈ ॥ ਪੇਖਿ ਨਿਕਟਿ ਕਰਿ ਸੇਵਾ ਸਤਿਗੁਰ ਹਰਿ ਕੀਰਤਨਿ ਹੀ ਤ੍ਰਿਪਤਾਵੈ ॥ ਰਹਾਉ ॥ ਅਮਲਨ ਸਿਉ ਅਮਲੀ ਲਪਟਾਇਓ ਭੂਮਨ ਭੂਮਿ ਪਿਆਰੀ ॥ ਖੀਰ ਸੰਗਿ ਬਾਰਿਕੁ ਹੈ ਲੀਨਾ ਪ੍ਰਭ ਸੰਤ ਐਸੇ ਹਿਤਕਾਰੀ ॥੨॥ ਬਿਦਿਆ ਮਹਿ ਬਿਦੁਅੰਸੀ ਰਚਿਆ ਨੈਨ ਦੇਖਿ ਸੁਖੁ ਪਾਵਹਿ ॥ ਜੈਸੇ ਰਸਨਾ ਸਾਦਿ ਲੁਭਾਨੀ ਤਿਉ ਹਰਿ ਜਨ ਹਰਿ ਗੁਣ ਗਾਵਹਿ ॥੩॥ ਜੈਸੀ ਭੂਖ ਤੈਸੀ ਕਾ ਪੂਰਕੁ ਸਗਲ ਘਟਾ ਕਾ ਸੁਆਮੀ ॥ ਨਾਨਕ ਪਿਆਸ ਲਗੀ ਦਰਸਨ ਕੀ ਪ੍ਰਭੁ ਮਿਲਿਆ ਅੰਤਰਜਾਮੀ ॥੪॥੫॥੧੬॥ {ਪੰਨਾ 613}

ਪਦਅਰਥ:- ਰਾਜਨ ਮਹਿ—ਰਾਜ ਦੇ ਕੰਮਾਂ ਵਿਚ । ਉਰਝਾਇਓ—ਮਗਨ ਰਹਿੰਦਾ ਹੈ । ਮਾਨਨ ਮਹਿ—ਮਾਣ ਵਧਾਣ ਵਾਲੇ ਕੰਮਾਂ ਵਿਚ । ਅਭਿਮਾਨੀ—ਅਹੰਕਾਰੀ, ਮਾਣ ਦਾ ਭੁੱਖਾ । ਲੋਭਨ ਮਹਿ—ਲਾਲਚ ਵਧਾਣ ਵਾਲੇ ਆਹਰਾਂ ਵਿਚ । ਗਿਆਨੀ—ਆਤਮਕ ਜੀਵਨ ਦੀ ਸੂਝ ਵਾਲੇ ਬੰਦੇ ।੧।

ਸੁਹਾਵੈ—ਸੁਖਾਂਦੀ ਹੈ । ਪੇਖਿ—ਵੇਖ ਕੇ । ਨਿਕਟਿ—ਨੇੜੇ, ਅੰਗ-ਸੰਗ । ਕੀਰਤਨਿ—ਕੀਰਤਨ ਵਿਚ । ਤ੍ਰਿਪਤਾਵੈ—ਪ੍ਰਸੰਨ ਰਹਿੰਦਾ ਹੈ ।ਰਹਾਉ।

ਅਮਲਨ ਸਿਉ—ਨਸ਼ਿਆਂ ਨਾਲ । ਅਮਲੀ—ਨਸ਼ਿਆਂ ਦਾ ਪ੍ਰੇਮੀ । ਭੂਮਨ—ਜ਼ਮੀਨ ਦੇ ਮਾਲਕ । ਭੂਮਿ—ਜ਼ਮੀਨ । ਖੀਰ—ਦੁੱਧ । ਬਾਰਿਕੁ—ਬੱਚਾ । ਹਿਤਕਾਰੀ—ਪਿਆਰ ਕਰਨ ਵਾਲੇ ।੨।

ਬਿਦੁਅੰਸੀ—ਵਿਦਵਾਨ । ਰਚਿਆ—ਮਸਤ । ਨੈਨ—ਅੱਖਾਂ । ਦੇਖਿ—ਵੇਖ ਵੇਖ ਕੇ । ਸਾਦਿ—ਸੁਆਦਿ ਵਿਚ । ਲੁਭਾਨੀ—ਮਸਤ ਰਹਿੰਦੀ ਹੈ ।੩।

ਭੁਖ—ਲੋੜ, ਲਾਲਸਾ । ਪੂਰਕੁ—ਪੂਰੀ ਕਰਨ ਵਾਲਾ । ਘਟ—ਸਰੀਰ । ਅੰਤਰਜਾਮੀ—ਦਿਲ ਦੀ ਜਾਣਨ ਵਾਲਾ ।੪।

ਅਰਥ:- ਪਰਮਾਤਮਾ ਦੇ ਭਗਤ ਨੂੰ ਇਹੀ ਕਾਰ ਚੰਗੀ ਲੱਗਦੀ ਹੈ । (ਭਗਤ ਪਰਮਾਤਮਾ ਨੂੰ) ਅੰਗ-ਸੰਗ ਵੇਖ ਕੇ, ਤੇ, ਗੁਰੂ ਦੀ ਸੇਵਾ ਕਰਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਹੀ ਪ੍ਰਸੰਨ ਰਹਿੰਦਾ ਹੈ ।ਰਹਾਉ।

(ਹੇ ਭਾਈ! ਜਿਵੇਂ) ਰਾਜ ਦੇ ਕੰਮਾਂ ਵਿਚ ਰਾਜਾ ਮਗਨ ਰਹਿੰਦਾ ਹੈ, ਜਿਵੇਂ ਮਾਣ ਵਧਾਣ ਵਾਲੇ ਕੰਮਾਂ ਵਿਚ ਆਦਰ-ਮਾਣ ਦਾ ਭੁੱਖਾ ਮਨੁੱਖ ਪਰਚਿਆ ਰਹਿੰਦਾ ਹੈ, ਜਿਵੇਂ ਲਾਲਚੀ ਮਨੁੱਖ ਲਾਲਚ ਵਧਾਣ ਵਾਲੇ ਆਹਰਾਂ ਵਿਚ ਫਸਿਆ ਰਹਿੰਦਾ ਹੈ, ਤਿਵੇਂ ਆਤਮਕ ਜੀਵਨ ਦੀ ਸੂਝ ਵਾਲਾ ਮਨੁੱਖ ਪ੍ਰਭੂ ਦੇ ਪ੍ਰੇਮ-ਰੰਗ ਵਿਚ ਮਸਤ ਰਹਿੰਦਾ ਹੈ ।੧।

ਹੇ ਭਾਈ! ਨਸ਼ਿਆਂ ਦਾ ਪ੍ਰੇਮੀ ਮਨੁੱਖ ਨਸ਼ਿਆਂ ਨਾਲ ਚੰਬੜਿਆ ਰਹਿੰਦਾ ਹੈ, ਜ਼ਮੀਨ ਦੇ ਮਾਲਕਾਂ ਨੂੰ ਜ਼ਮੀਨ ਪਿਆਰੀ ਲੱਗਦੀ ਹੈ, ਬੱਚਾ ਦੁੱਧ ਨਾਲ ਪਰਚਿਆ ਰਹਿੰਦਾ ਹੈ । ਇਸੇ ਤਰ੍ਹਾਂ ਸੰਤ ਜਨ ਪਰਮਾਤਮਾ ਨਾਲ ਪਿਆਰ ਕਰਦੇ ਹਨ ।੨।

ਹੇ ਭਾਈ! ਵਿਦਵਾਨ ਮਨੁੱਖ ਵਿੱਦਿਆ (ਪੜ੍ਹਨ ਪੜ੍ਹਾਣ) ਵਿਚ ਖ਼ੁਸ਼ ਰਹਿੰਦਾ ਹੈ, ਅੱਖਾਂ (ਪਦਾਰਥ) ਵੇਖ ਵੇਖ ਕੇ ਸੁਖ ਮਾਣਦੀਆਂ ਹਨ । ਹੇ ਭਾਈ! ਜਿਵੇਂ ਜੀਭ (ਸੁਆਦਲੇ ਪਦਾਰਥਾਂ ਦੇ) ਸੁਆਦ (ਚੱਖਣ) ਵਿਚ ਖ਼ੁਸ਼ ਰਹਿੰਦੀ ਹੈ, ਤਿਵੇਂ ਪ੍ਰਭੂ ਦੇ ਭਗਤ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਹਨ ।੩।

ਹੇ ਭਾਈ! ਸਾਰੇ ਸਰੀਰਾਂ ਦਾ ਮਾਲਕ ਪ੍ਰਭੂ ਜਿਹੋ ਜਿਹੀ ਕਿਸੇ ਜੀਵ ਦੀ ਲਾਲਸਾ ਹੋਵੇ ਉਹੋ ਜਿਹੀ ਹੀ ਪੂਰੀ ਕਰਨ ਵਾਲਾ ਹੈ । ਹੇ ਨਾਨਕ! (ਜਿਸ ਮਨੁੱਖ ਨੂੰ) ਪਰਮਾਤਮਾ ਦੇ ਦਰਸਨ ਦੀ ਪਿਆਸ ਲੱਗਦੀ ਹੈ, ਉਸ ਮਨੁੱਖ ਨੂੰ ਦਿਲ ਦੀ ਜਾਣਨ ਵਾਲਾ ਪਰਮਾਤਮਾ (ਆਪ) ਆ ਮਿਲਦਾ ਹੈ ।੪।੫।੧੬।

ਸੋਰਠਿ ਮਹਲਾ ੫ ॥ ਹਮ ਮੈਲੇ ਤੁਮ ਊਜਲ ਕਰਤੇ ਹਮ ਨਿਰਗੁਨ ਤੂ ਦਾਤਾ ॥ ਹਮ ਮੂਰਖ ਤੁਮ ਚਤੁਰ ਸਿਆਣੇ ਤੂ ਸਰਬ ਕਲਾ ਕਾ ਗਿਆਤਾ ॥੧॥ ਮਾਧੋ ਹਮ ਐਸੇ ਤੂ ਐਸਾ ॥ ਹਮ ਪਾਪੀ ਤੁਮ ਪਾਪ ਖੰਡਨ ਨੀਕੋ ਠਾਕੁਰ ਦੇਸਾ ॥ ਰਹਾਉ ॥ ਤੁਮ ਸਭ ਸਾਜੇ ਸਾਜਿ ਨਿਵਾਜੇ ਜੀਉ ਪਿੰਡੁ ਦੇ ਪ੍ਰਾਨਾ ॥ ਨਿਰਗੁਨੀਆਰੇ ਗੁਨੁ ਨਹੀ ਕੋਈ ਤੁਮ ਦਾਨੁ ਦੇਹੁ ਮਿਹਰਵਾਨਾ ॥੨॥ ਤੁਮ ਕਰਹੁ ਭਲਾ ਹਮ ਭਲੋ ਨ ਜਾਨਹ ਤੁਮ ਸਦਾ ਸਦਾ ਦਇਆਲਾ ॥ ਤੁਮ ਸੁਖਦਾਈ ਪੁਰਖ ਬਿਧਾਤੇ ਤੁਮ ਰਾਖਹੁ ਅਪੁਨੇ ਬਾਲਾ ॥੩॥ ਤੁਮ ਨਿਧਾਨ ਅਟਲ ਸੁਲਿਤਾਨ ਜੀਅ ਜੰਤ ਸਭਿ ਜਾਚੈ ॥ ਕਹੁ ਨਾਨਕ ਹਮ ਇਹੈ ਹਵਾਲਾ ਰਾਖੁ ਸੰਤਨ ਕੈ ਪਾਛੈ ॥੪॥੬॥੧੭॥ {ਪੰਨਾ 613}

ਪਦਅਰਥ:- ਮੈਲੇ—ਵਿਕਾਰਾਂ ਦੀ ਮੈਲ ਨਾਲ ਭਰੇ ਹੋਏ । ਊਜਲ—ਸਾਫ਼-ਸੁਥਰੇ, ਪਵਿੱਤਰ । ਕਰਤੇ—ਕਰਨ ਵਾਲੇ । ਦਾਤਾ—ਗੁਣ ਦੇਣ ਵਾਲਾ । ਚਤੁਰ—ਸਿਆਣਾ । ਕਲਾ—ਹੁਨਰ । ਗਿਆਤਾ—ਜਾਣਨ ਵਾਲਾ ।੧।

ਮਾਧੋ—{mwDv—ਮਾਇਆ ਦਾ ਪਤੀ} ਹੇ ਪ੍ਰਭੂ! ਪਾਪ ਖੰਡਨ—ਪਾਪਾਂ ਦੇ ਨਾਸ ਕਰਨ ਵਾਲੇ । ਨੀਕੋ—ਸੋਹਣਾ, ਚੰਗਾ । ਠਾਕੁਰ—ਹੇ ਪਾਲਣਹਾਰ ਪ੍ਰਭੂ! ।ਰਹਾਉ।

ਸਾਜਿ—ਪੈਦਾ ਕਰ ਕੇ । ਨਿਵਾਜੇ—ਆਦਰ-ਮਾਣ ਦਿੱਤਾ । ਜੀਉ—ਜਿੰਦ । ਪਿੰਡੁ—ਸਰੀਰ । ਦੇ—ਦੇ ਕੇ । ਦੇਹੁ—ਤੂੰ ਦੇਂਦਾ ਹੈਂ । ਮਿਹਰਵਾਨਾ—ਹੇ ਮਿਹਰਵਾਨ! ।੨।

ਨ ਜਾਨਹ—ਅਸੀ ਨਹੀਂ ਜਾਣਦੇ, ਅਸੀ ਕਦਰ ਨਹੀਂ ਜਾਣਦੇ । ਬਿਧਾਤੇ—ਹੇ ਸਿਰਜਣਹਾਰ! ਬਾਲਾ—ਬੱਚੇ ।੩।

ਨਿਧਾਨ—ਖ਼ਜ਼ਾਨੇ । ਅਟਲ—ਸਦਾ ਕਾਇਮ ਰਹਿਣ ਵਾਲਾ । ਸੁਲਿਤਾਨ—ਬਾਦਸ਼ਾਹ । ਸਭਿ—ਸਾਰੇ । ਜਾਚੈ—ਜਾਚੈਂ, ਮੰਗਦੇ ਹਨ । ਇਹੈ—ਇਹ ਹੀ । ਹਵਾਲਾ—ਹਾਲ । ਕੈ ਪਾਛੈ—ਦੇ ਆਸਰੇ ।੪।

ਅਰਥ:- ਹੇ ਪ੍ਰਭੂ! ਅਸੀ ਜੀਵ ਇਹੋ ਜਿਹੇ (ਵਿਕਾਰੀ) ਹਾਂ, ਤੇ, ਤੂੰ ਇਹੋ ਜਿਹਾ (ਉਪਕਾਰੀ) ਹੈਂ । ਅਸੀ ਪਾਪ ਕਮਾਣ ਵਾਲੇ ਹਾਂ, ਤੂੰ ਸਾਡੇ ਪਾਪਾਂ ਦਾ ਨਾਸ ਕਰਨ ਵਾਲਾ ਹੈਂ । ਹੇ ਠਾਕੁਰ! ਤੇਰਾ ਦੇਸ ਸੋਹਣਾ ਹੈ (ਉਹ ਦੇਸ-ਸਾਧ ਸੰਗਤਿ ਸੋਹਣਾ ਹੈ ਜਿੱਥੇ ਤੂੰ ਵੱਸਦਾ ਹੈਂ) ।ਰਹਾਉ।

ਹੇ ਪ੍ਰਭੂ! ਅਸੀ ਜੀਵ ਵਿਕਾਰਾਂ ਦੀ ਮੈਲ ਨਾਲ ਭਰੇ ਰਹਿੰਦੇ ਹਾਂ, ਤੂੰ ਸਾਨੂੰ ਪਵਿੱਤਰ ਕਰਨ ਵਾਲਾ ਹੈਂ । ਅਸੀ ਗੁਣ-ਹੀਨ ਹਾਂ, ਤੂੰ ਸਾਨੂੰ ਗੁਣ ਬਖ਼ਸ਼ਣ ਵਾਲਾ ਹੈਂ । ਅਸੀ ਜੀਵ ਮੂਰਖ ਹਾਂ, ਤੂੰ ਦਾਨਾ ਹੈਂ ਤੂੰ ਸਿਆਣਾ ਹੈਂ ਤੂੰ (ਸਾਨੂੰ ਚੰਗਾ ਬਣਾ ਸਕਣ ਵਾਲੇ) ਸਾਰੇ ਹੁਨਰਾਂ ਦਾ ਜਾਣਨ ਵਾਲਾ ਹੈਂ ।੧।

ਹੇ ਪ੍ਰਭੂ! ਤੂੰ ਜਿੰਦ ਸਰੀਰ ਪ੍ਰਾਣ ਦੇ ਕੇ ਸਾਰੇ ਜੀਵਾਂ ਨੂੰ ਪੈਦਾ ਕੀਤਾ ਹੈ, ਪੈਦਾ ਕਰ ਕੇ ਸਭ ਉਤੇ ਬਖ਼ਸ਼ਸ਼ ਕਰਦਾ ਹੈਂ । ਹੇ ਮੇਹਰਵਾਨ! ਅਸੀ ਜੀਵ ਗੁਣ-ਹੀਨ ਹਾਂ, ਸਾਡੇ ਵਿਚ ਕੋਈ ਗੁਣ ਨਹੀਂ ਹੈ । ਤੂੰ ਸਾਨੂੰ ਗੁਣਾਂ ਦੀ ਦਾਤਿ ਬਖ਼ਸ਼ਦਾ ਹੈਂ ।੨।

ਹੇ ਪ੍ਰਭੂ! ਤੂੰ ਸਾਡੇ ਵਾਸਤੇ ਭਲਿਆਈ ਕਰਦਾ ਹੈਂ, ਪਰ ਅਸੀ ਤੇਰੇ ਭਲਿਆਈ ਦੀ ਕਦਰ ਨਹੀਂ ਜਾਣਦੇ । ਫਿਰ ਭੀ ਤੂੰ ਸਾਡੇ ਉੱਤੇ ਸਦਾ ਹੀ ਦਇਆਵਾਨ ਰਹਿੰਦਾ ਹੈਂ । ਹੇ ਸਰਬ-ਵਿਆਪਕ ਸਿਰਜਣਹਾਰ! ਤੂੰ ਸਾਨੂੰ ਸੁਖ ਦੇਣ ਵਾਲਾ ਹੈਂ, ਤੂੰ (ਸਾਡੀ) ਆਪਣੇ ਬੱਚਿਆਂ ਦੀ ਰਾਖੀ ਕਰਦਾ ਹੈਂ ।੩।

ਹੇ ਪ੍ਰਭੂ ਜੀ! ਤੁਸੀ ਸਾਰੇ ਗੁਣਾਂ ਦੇ ਖ਼ਜ਼ਾਨੇ ਹੋ । ਤੁਸੀ ਸਦਾ ਕਾਇਮ ਰਹਿਣ ਵਾਲੇ ਬਾਦਸ਼ਾਹ ਹੋ । ਸਾਰੇ ਜੀਵ (ਤੇਰੇ ਦਰ ਤੋਂ) ਮੰਗਦੇ ਹਨ । ਹੇ ਨਾਨਕ! ਆਖ—(ਹੇ ਪ੍ਰਭੂ!) ਸਾਡਾ ਜੀਵਾਂ ਦਾ ਤਾਂ ਇਹ ਹੀ ਹਾਲ ਹੈ । ਤੂੰ ਸਾਨੂੰ ਸੰਤ ਜਨਾਂ ਦੇ ਆਸਰੇ ਵਿਚ ਰੱਖ ।੪।੬।੧੭।

ਸੋਰਠਿ ਮਹਲਾ ੫ ਘਰੁ ੨ ॥ ਮਾਤ ਗਰਭ ਮਹਿ ਆਪਨ ਸਿਮਰਨੁ ਦੇ ਤਹ ਤੁਮ ਰਾਖਨਹਾਰੇ ॥ ਪਾਵਕ ਸਾਗਰ ਅਥਾਹ ਲਹਰਿ ਮਹਿ ਤਾਰਹੁ ਤਾਰਨਹਾਰੇ ॥੧॥ ਮਾਧੌ ਤੂ ਠਾਕੁਰੁ ਸਿਰਿ ਮੋਰਾ ॥ ਈਹਾ ਊਹਾ ਤੁਹਾਰੋ ਧੋਰਾ ॥ ਰਹਾਉ ॥ ਕੀਤੇ ਕਉ ਮੇਰੈ ਸੰਮਾਨੈ ਕਰਣਹਾਰੁ ਤ੍ਰਿਣੁ ਜਾਨੈ ॥ ਤੂ ਦਾਤਾ ਮਾਗਨ ਕਉ ਸਗਲੀ ਦਾਨੁ ਦੇਹਿ ਪ੍ਰਭ ਭਾਨੈ ॥੨॥ ਖਿਨ ਮਹਿ ਅਵਰੁ ਖਿਨੈ ਮਹਿ ਅਵਰਾ ਅਚਰਜ ਚਲਤ ਤੁਮਾਰੇ ॥ ਰੂੜੋ ਗੂੜੋ ਗਹਿਰ ਗੰਭੀਰੋ ਊਚੌ ਅਗਮ ਅਪਾਰੇ ॥੩॥ ਸਾਧਸੰਗਿ ਜਉ ਤੁਮਹਿ ਮਿਲਾਇਓ ਤਉ ਸੁਨੀ ਤੁਮਾਰੀ ਬਾਣੀ ॥ ਅਨਦੁ ਭਇਆ ਪੇਖਤ ਹੀ ਨਾਨਕ ਪ੍ਰਤਾਪ ਪੁਰਖ ਨਿਰਬਾਣੀ ॥੪॥੭॥੧੮॥ {ਪੰਨਾ 613}

ਪਦਅਰਥ:- ਗਰਭ ਮੋਹਿ—ਪੇਟ ਵਿਚ । ਆਪਨ—ਆਪਣਾ । ਦੇ—ਦੇ ਕੇ । ਤਹ—ਉਥੇ, ਮਾਂ ਦੇ ਪੇਟ ਵਿਚ । ਰਾਖਨਹਾਰੇ—ਬਚਾਣ ਦੀ ਸਮਰਥਾ ਵਾਲੇ । ਪਾਵਕ—(ਵਿਕਾਰਾਂ ਦੀ) ਅੱਗ । ਸਾਗਰ—ਸਮੁੰਦਰ । ਅਥਾਹ—ਬਹੁਤ ਡੂੰਘਾ । ਤਾਰਨਹਾਰੇ—ਹੇ ਪਾਰ ਲੰਘਾ ਸਕਣ ਵਾਲੇ! ।੧।

ਮਾਧੌ—{ਮਾ-ਧਵ—ਮਾਇਆ ਦਾ ਪਤੀ} ਹੇ ਪ੍ਰਭੂ! ਸਿਰਿ ਮੋਰਾ—ਮੇਰੇ ਸਿਰ ਉੱਤੇ । ਈਹਾ—ਇਸ ਲੋਕ ਵਿਚ

। ਊਹਾ—ਉਸ ਲੋਕ ਵਿਚ । ਧੋਰਾ—ਆਸਰਾ ।ਰਹਾਉ।

ਕੀਤੇ ਕਉ—ਬਣਾਈਆਂ ਚੀਜ਼ਾਂ ਨੂੰ । ਮੇਰੈ ਸੰਮਾਨੈ—ਮੇਰੈ ਸਮ ਮਾਨੈ, ਮੇਰੂ ਪਹਾੜ ਦੇ ਬਰਾਬਰ ਮੰਨਦਾ ਹੈ । ਤ੍ਰਿਣੁ—ਤੀਲਾ, ਤੁੱਛ । ਮਾਗਨ ਕਉ—ਮੰਗਣ ਵਾਲੀ । ਸਗਲੀ—ਸਾਰੀ ਲੁਕਾਈ । ਦੇਹਿ—ਤੂ ਦੇਂਦਾ ਹੈਂ । ਪ੍ਰਭ—ਹੇ ਪ੍ਰਭੂ! ਭਾਨੈ—ਆਪਣੀ ਰਜ਼ਾ ਵਿਚ ।੨।

ਖਿਨ—ਰਤਾ ਕੁ ਹੀ ਸਮਾ । ਅਵਰੁ—ਹੋਰ । ਖਿਨੈ ਮਹਿ—ਖਿਨ ਵਿਚ ਹੀ । ਅਚਰਜ—ਹੈਰਾਨ ਕਰ ਦੇਣ ਵਾਲੇ । ਚਲਤ—ਕੌਤਕ । ਰੂੜੋ—ਸੋਹਣਾ । ਗੂੜੋ—(ਸਾਰੇ ਸੰਸਾਰ ਵਿਚ) ਲੁਕਿਆ ਹੋਇਆ । ਗੰਭੀਰੋ—ਵੱਡੇ ਜਿਗਰੇ ਵਾਲਾ । ਅਗਮ—ਹੇ ਅਪਹੁੰਚ! ਅਪਾਰੇ—ਹੇ ਅਪਾਰ! ਹੇ ਬੇਅੰਤ! ।੩।

ਸਾਧ ਸੰਗਿ—ਸਾਧ ਸੰਗਤਿ ਵਿਚ । ਜਉ—ਜਦੋਂ । ਤੁਮਹਿ—ਤੂੰ ਆਪ ਹੀ । ਤਉ—ਤਦੋਂ । ਪੇਖਤ ਹੀ—ਵੇਖਦਿਆਂ ਹੀ । ਪੁਰਖ—ਸਰਬ-ਵਿਆਪਕ । ਨਿਰਬਾਣੀ—ਵਾਸ਼ਨਾ-ਰਹਿਤ ।੪।

ਅਰਥ:- ਹੇ ਪ੍ਰਭੂ! ਤੂੰ ਮੇਰੇ ਸਿਰ ਉੱਤੇ ਰਾਖਾ ਹੈਂ ਇਸ ਲੋਕ ਵਿਚ, ਤੇ, ਪਰਲੋਕ ਵਿਚ ਮੈਨੂੰ ਤੇਰਾ ਹੀ ਆਸਰਾ ਹੈ ।ਰਹਾਉ।

ਹੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਦੀ ਸਮਰਥਾ ਰੱਖਣ ਵਾਲੇ! ਮਾਂ ਦੇ ਪੇਟ ਵਿਚ ਸਾਨੂੰ ਤੂੰ ਆਪਣਾ ਸਿਮਰਨ ਦੇ ਕੇ ਉੱਥੇ ਸਾਡੀ ਰੱਖਿਆ ਕਰਨ ਵਾਲਾ ਹੈਂ । (ਵਿਕਾਰਾਂ ਦੀ) ਅੱਗ ਦੇ ਸਮੁੰਦਰ ਦੀਆਂ ਡੂੰਘੀਆਂ ਲਹਿਰਾਂ ਵਿਚ ਡਿੱਗੇ ਪਏ ਨੂੰ ਭੀ ਮੈਨੂੰ ਪਾਰ ਲੰਘਾ ਲੈ ।੧।

ਹੇ ਪ੍ਰਭੂ! ਤੇਰੇ ਪੈਦਾ ਕੀਤੇ ਪਦਾਰਥਾਂ ਨੂੰ (ਇਹ ਜੀਵ) ਮੇਰੂ ਪਰਬਤ ਜੇਡੀਆਂ ਵੱਡੀਆਂ ਸਮਝਦਾ ਹੈ, ਪਰ ਤੈਨੂੰ ਜੋ ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ ਇਕ ਤੀਲੇ ਵਰਗਾ ਜਾਣਦਾ ਹੈਂ । ਹੇ ਪ੍ਰਭੂ! ਤੂੰ ਸਭ ਦਾਤਾਂ ਦੇਣ ਵਾਲਾ ਹੈਂ, ਸਾਰੀ ਲੁਕਾਈ ਤੇਰੇ ਹੀ ਦਰ ਤੋਂ ਮੰਗਣ ਵਾਲੀ ਹੈ, ਤੂੰ ਆਪਣੀ ਰਜ਼ਾ ਵਿਚ ਸਭ ਨੂੰ ਦਾਨ ਦੇਂਦਾ ਹੈਂ ।੨।

ਹੇ ਪ੍ਰਭੂ! ਤੇਰੇ ਕੌਤਕ ਹੈਰਾਨ ਕਰ ਦੇਣ ਵਾਲੇ ਹਨ, ਇਕ ਛਿਨ ਵਿਚ ਤੂੰ ਕੁਝ ਦਾ ਕੁਝ ਬਣਾ ਦੇਂਦਾ ਹੈਂ । ਹੇ ਅਪਹੁੰਚ! ਹੇ ਬੇਅੰਤ । ਤੂੰ ਸਭ ਤੋਂ ਉੱਚਾ ਹੈਂ, ਤੂੰ ਸੋਹਣਾ ਹੈਂ, ਤੂੰ ਵੱਡੇ ਜਿਗਰੇ ਵਾਲਾ ਹੈਂ, ਤੂੰ ਸਾਰੇ ਸੰਸਾਰ ਵਿਚ ਗੁਪਤ ਵੱਸ ਰਿਹਾ ਹੈਂ ।੩।

ਹੇ ਨਾਨਕ! (ਆਖ—) ਹੇ ਸਰਬ-ਵਿਆਪਕ ਪ੍ਰਭੂ! ਜਦੋਂ ਤੂੰ ਆਪ ਹੀ (ਕਿਸੇ ਜੀਵ ਨੂੰ) ਸਾਧ ਸੰਗਤਿ ਵਿਚ ਮਿਲਾਂਦਾ ਹੈਂ, ਤਦੋਂ ਉਹ ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਸੁਣਦਾ ਹੈ । (ਹੇ ਭਾਈ!) ਵਾਸ਼ਨਾ-ਰਹਿਤ ਸਰਬ-ਵਿਆਪਕ ਪ੍ਰਭੂ ਦਾ ਪਰਤਾਪ ਵੇਖ ਕੇ ਤਦੋਂ ਉਸ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ ।੪।੭।੧੮।

ਸੋਰਠਿ ਮਹਲਾ ੫ ॥ ਹਮ ਸੰਤਨ ਕੀ ਰੇਨੁ ਪਿਆਰੇ ਹਮ ਸੰਤਨ ਕੀ ਸਰਣਾ ॥ ਸੰਤ ਹਮਾਰੀ ਓਟ ਸਤਾਣੀ ਸੰਤ ਹਮਾਰਾ ਗਹਣਾ ॥੧॥ ਹਮ ਸੰਤਨ ਸਿਉ ਬਣਿ ਆਈ ॥ ਪੂਰਬਿ ਲਿਖਿਆ ਪਾਈ ॥ ਇਹੁ ਮਨੁ ਤੇਰਾ ਭਾਈ ॥ ਰਹਾਉ ॥ ਸੰਤਨ ਸਿਉ ਮੇਰੀ ਲੇਵਾ ਦੇਵੀ ਸੰਤਨ ਸਿਉ ਬਿਉਹਾਰਾ ॥ ਸੰਤਨ ਸਿਉ ਹਮ ਲਾਹਾ ਖਾਟਿਆ ਹਰਿ ਭਗਤਿ ਭਰੇ ਭੰਡਾਰਾ ॥੨॥ ਸੰਤਨ ਮੋ ਕਉ ਪੂੰਜੀ ਸਉਪੀ ਤਉ ਉਤਰਿਆ ਮਨ ਕਾ ਧੋਖਾ ॥ ਧਰਮ ਰਾਇ ਅਬ ਕਹਾ ਕਰੈਗੋ ਜਉ ਫਾਟਿਓ ਸਗਲੋ ਲੇਖਾ ॥੩॥ ਮਹਾ ਅਨੰਦ ਭਏ ਸੁਖੁ ਪਾਇਆ ਸੰਤਨ ਕੈ ਪਰਸਾਦੇ ॥ ਕਹੁ ਨਾਨਕ ਹਰਿ ਸਿਉ ਮਨੁ ਮਾਨਿਆ ਰੰਗਿ ਰਤੇ ਬਿਸਮਾਦੇ ॥੪॥੮॥੧੯॥ {ਪੰਨਾ 614}

ਪਦਅਰਥ:- ਰੇਨੁ—ਚਰਨ-ਧੂੜ । ਪਿਆਰੇ—ਹੇ ਪਿਆਰੇ ਪ੍ਰਭੂ! ਓਟ—ਆਸਰਾ । ਸਤਾਣੀ—ਸ-ਤਾਣੀ, ਤਾਣ ਵਾਲੀ, ਤਕੜੀ ।੧।

ਸਿਉ—ਨਾਲ । ਬਨਿ ਆਈ—ਪ੍ਰੀਤਿ ਬਣ ਗਈ ਹੈ । ਪੂਰਬਿ ਲਿਖਿਆ—ਪੂਰਬਲੇ ਭਾਗਾਂ ਅਨੁਸਾਰ ਲਿਖਿਆ ਲੇਖ । ਭਾਈ—ਪ੍ਰੇਮੀ ।ਰਹਾਉ।

ਲੇਵਾ ਦੇਵੀ—ਲੈਣ-ਦੇਣ । ਬਿਉਹਾਰਾ—ਵਰਤਣ-ਵਿਹਾਰ । ਲਾਹਾ—ਲਾਭ । ਭੰਡਾਰਾ—ਖ਼ਜ਼ਾਨੇ ।੨।

ਮੋ ਕਉ—ਮੈਨੂੰ । ਪੂੰਜੀ—ਹਰਿ-ਨਾਮ ਦਾ ਸਰਮਾਇਆ । ਸਉਪੀ—ਹਵਾਲੇ ਕੀਤੀ, ਦਿੱਤੀ । ਧੋਖਾ—ਫ਼ਿਕਰ । ਕਹਾ ਕਰੈਗੋ—ਕੁਝ ਨਹੀਂ ਕਰ ਸਕੇਗਾ । ਫਾਟਿਓ—ਪਾਟ ਗਿਆ ਹੈ । ਸਗਲੋ—ਸਾਰਾ ।੩।

ਪਰਸਾਦੇ—ਪਰਸਾਦਿ, ਕਿਰਪਾ ਨਾਲ । ਮਾਨਿਆ—ਪਤੀਜ ਗਿਆ ਹੈ । ਰੰਗਿ—ਪ੍ਰੇਮ-ਰੰਗ ਵਿਚ । ਰਤੇ—ਰੰਗਿਆ ਗਿਆ । ਬਿਸਮਾਦੇ—ਅਸਚਰਜ ਪ੍ਰਭੂ ਦੇ ।

ਅਰਥ:- ਹੇ ਪ੍ਰਭੂ! ਤੇਰੇ ਸੰਤਾਂ ਨਾਲ ਮੇਰੀ ਪ੍ਰੀਤਿ ਬਣ ਗਈ ਹੈ । ਪਿਛਲੇ ਲਿਖੇ ਲੇਖ ਅਨੁਸਾਰ ਇਹ ਪ੍ਰਾਪਤੀ ਹੋਈ ਹੈ । ਹੁਣ ਮੇਰਾ ਇਹ ਮਨ ਤੇਰਾ ਪ੍ਰੇਮੀ ਬਣ ਗਿਆ ਹੈ ।ਰਹਾਉ।

ਹੇ ਪਿਆਰੇ ਪ੍ਰਭੂ! (ਮੇਹਰ ਕਰ) ਮੈਂ ਤੇਰੇ ਸੰਤ ਜਨਾਂ ਦੀ ਚਰਨ-ਧੂੜ ਬਣਿਆ ਰਹਾਂ, ਸੰਤ ਜਨਾਂ ਦੀ ਸਰਨ ਪਿਆ ਰਹਾਂ । ਸੰਤ ਹੀ ਮੇਰਾ ਤਕੜਾ ਸਹਾਰਾ ਹਨ, ਸੰਤ ਜਨ ਹੀ ਮੇਰੇ ਜੀਵਨ ਨੂੰ ਸੋਹਣਾ ਬਣਾਣ ਵਾਲੇ ਹਨ ।੧।

(ਹੇ ਪ੍ਰਭੂ! ਤੇਰੀ ਮੇਹਰ ਨਾਲ) ਸੰਤ ਜਨਾਂ ਨਾਲ ਹੀ ਮੇਰਾ ਲੈਣ-ਦੇਣ ਤੇ ਵਰਤਣ-ਵਿਹਾਰ ਹੈ । ਸੰਤ ਜਨਾਂ ਨਾਲ ਰਹਿ ਕੇ ਮੈਂ ਇਹ ਲਾਭ ਖੱਟਿਆ ਹੈ ਕਿ ਮੇਰੇ ਅੰਦਰ ਭਗਤੀ ਦੇ ਖ਼ਜ਼ਾਨੇ ਭਰ ਗਏ ਹਨ ।੨।

ਹੇ ਭਾਈ! ਜਦੋਂ ਤੋਂ ਸੰਤ ਜਨਾਂ ਨੇ ਮੈਨੂੰ ਪਰਮਾਤਮਾ ਦੀ ਭਗਤੀ ਦੀ ਰਾਸਿ-ਪੂੰਜੀ ਦਿੱਤੀ ਹੈ, ਤਦੋਂ ਤੋਂ ਮੇਰੇ ਮਨ ਦਾ ਚਿੰਤਾ-ਫ਼ਿਕਰ ਲਹਿ ਗਿਆ ਹੈ । (ਮੇਰੇ ਜਨਮਾਂ ਜਨਮਾਂਤਰਾਂ ਦੇ ਕੀਤੇ ਕਰਮਾਂ ਦਾ) ਸਾਰਾ ਹੀ ਹਿਸਾਬ ਦਾ ਕਾਗਜ਼ ਪਾਟ ਚੁਕਾ ਹੈ । ਹੁਣ ਧਰਮਰਾਜ ਮੈਥੋਂ ਕੋਈ ਪੁੱਛ ਨਹੀਂ ਕਰੇਗਾ ।੩।

ਹੇ ਭਾਈ! ਸੰਤ ਜਨਾਂ ਦੀ ਕਿਰਪਾ ਨਾਲ ਮੇਰੇ ਅੰਦਰ ਬੜਾ ਆਤਮਕ ਆਨੰਦ ਬਣਿਆ ਪਿਆ ਹੈ । ਹੇ ਨਾਨਕ! ਆਖ—ਮੇਰਾ ਮਨ ਪਰਮਾਤਮਾ ਨਾਲ ਪਤੀਜ ਗਿਆ ਹੈ, ਅਸਚਰਜ ਪ੍ਰਭੂ ਦੇ ਪ੍ਰੇਮ-ਰੰਗ ਵਿਚ ਮੈਂ ਰੰਗਿਆ ਗਿਆ ਹਾਂ ।੪।੮।੧੯।

ਸੋਰਠਿ ਮਃ ੫ ॥ ਜੇਤੀ ਸਮਗ੍ਰੀ ਦੇਖਹੁ ਰੇ ਨਰ ਤੇਤੀ ਹੀ ਛਡਿ ਜਾਨੀ ॥ ਰਾਮ ਨਾਮ ਸੰਗਿ ਕਰਿ ਬਿਉਹਾਰਾ ਪਾਵਹਿ ਪਦੁ ਨਿਰਬਾਨੀ ॥੧॥ ਪਿਆਰੇ ਤੂ ਮੇਰੋ ਸੁਖਦਾਤਾ ॥ ਗੁਰਿ ਪੂਰੈ ਦੀਆ ਉਪਦੇਸਾ ਤੁਮ ਹੀ ਸੰਗਿ ਪਰਾਤਾ ॥ ਰਹਾਉ ॥ ਕਾਮ ਕ੍ਰੋਧ ਲੋਭ ਮੋਹ ਅਭਿਮਾਨਾ ਤਾ ਮਹਿ ਸੁਖੁ ਨਹੀ ਪਾਈਐ ॥ ਹੋਹੁ ਰੇਨ ਤੂ ਸਗਲ ਕੀ ਮੇਰੇ ਮਨ ਤਉ ਅਨਦ ਮੰਗਲ ਸੁਖੁ ਪਾਈਐ ॥੨॥ ਘਾਲ ਨ ਭਾਨੈ ਅੰਤਰ ਬਿਧਿ ਜਾਨੈ ਤਾ ਕੀ ਕਰਿ ਮਨ ਸੇਵਾ ॥ ਕਰਿ ਪੂਜਾ ਹੋਮਿ ਇਹੁ ਮਨੂਆ ਅਕਾਲ ਮੂਰਤਿ ਗੁਰਦੇਵਾ ॥੩॥ ਗੋਬਿਦ ਦਾਮੋਦਰ ਦਇਆਲ ਮਾਧਵੇ ਪਾਰਬ੍ਰਹਮ ਨਿਰੰਕਾਰਾ ॥ ਨਾਮੁ ਵਰਤਣਿ ਨਾਮੋ ਵਾਲੇਵਾ ਨਾਮੁ ਨਾਨਕ ਪ੍ਰਾਨ ਅਧਾਰਾ ॥੪॥੯॥੨੦॥ {ਪੰਨਾ 614}

ਪਦਅਰਥ:- ਜੇਤੀ—ਜਿਤਨੀ ਹੀ । ਸਮਗ੍ਰੀ—ਸਾਮਾਨ । ਤੇਤੀ ਹੀ—ਇਹ ਸਾਰੀ ਹੀ । ਸੰਗਿ—ਨਾਲ । ਪਦੁ—ਆਤਮਕ ਦਰਜਾ । ਨਿਰਬਾਨੀ—ਵਾਸਨਾ-ਰਹਿਤ ।੧।

ਪਿਆਰੇ—ਹੇ ਪਿਆਰੇ ਪ੍ਰਭੂ! ਗੁਰਿ ਪੂਰੈ—ਪੂਰੇ ਗੁਰੂ ਨੇ । ਪਰਾਤਾ—ਪ੍ਰੋਤਾ ਗਿਆ ਹਾਂ ।ਰਹਾਉ।

ਤਾ ਮਹਿ—ਇਹਨਾਂ ਵਿਚ ਫਸੇ ਰਿਹਾਂ । ਰੇਨ—ਚਰਨ-ਧੂੜ । ਸਗਲ ਕੀ—ਸਭਨਾਂ ਦੀ ।੨।

ਘਾਲ—ਮੇਹਨਤ । ਭਾਨੈ—ਭੰਨਦਾ, ਨਾਸ ਕਰਦਾ । ਅੰਤਰ ਬਿਧਿ—ਅੰਦਰਲੀ ਹਾਲਤ । ਮਨ—ਹੇ ਮਨ! ਹੋਮਿ—ਹਵਨ ਕਰ ਦੇਹ, ਭੇਟਾ ਕਰ ਦੇਹ । ਅਕਾਲ ਮੂਰਤਿ—ਜਿਸ ਦੀ ਹਸਤੀ ਮੌਤ-ਰਹਿਤ ਹੈ ।੩।

ਦਾਮੋਦਰ—{ਦਾਮ-ਰੱਸੀ । ਉਦਰ—ਪੇਟ} ਪਰਮਾਤਮਾ । ਮਾਧਵੇ—ਮਾਇਆ ਦਾ ਪਤੀ, ਪ੍ਰਭੂ । ਵਰਤਣਿ—ਹਰ ਰੋਜ਼ ਕੰਮ ਆਉਣ ਵਾਲੀ ਚੀਜ਼ । ਵਾਲੇਵਾ—ਹਿਰਦੇ-ਘਰ ਦਾ ਸਾਮਾਨ । ਅਧਾਰਾ—ਆਸਰਾ । ਨਾਮੋ—ਨਾਮ ਹੀ ।੪।

ਅਰਥ:- ਹੇ ਪਿਆਰੇ ਪ੍ਰਭੂ! (ਮੈਨੂੰ ਨਿਸ਼ਚਾ ਹੋ ਗਿਆ ਹੈ ਕਿ) ਤੂੰ ਹੀ ਮੇਰਾ ਸੁਖਾਂ ਦਾ ਦਾਤਾ ਹੈਂ । (ਜਦੋਂ ਤੋਂ) ਪੂਰੇ ਗੁਰੂ ਨੇ ਮੈਨੂੰ ਉਪਦੇਸ਼ ਦਿੱਤਾ ਹੈ, ਮੈਂ ਤੇਰੇ ਨਾਲ ਹੀ ਪ੍ਰੋਤਾ ਗਿਆ ਹਾਂ ।ਰਹਾਉ।

ਹੇ ਮਨੁੱਖ! ਇਹ ਜਿਤਨਾ ਹੀ ਸਾਜ-ਸਾਮਾਨ ਤੂੰ ਵੇਖ ਰਿਹਾ ਹੈਂ, ਇਹ ਸਾਰਾ ਹੀ (ਅੰਤ) ਛੱਡ ਕੇ ਚਲੇ ਜਾਣਾ ਹੈ । ਪਰਮਾਤਮਾ ਦੇ ਨਾਮ ਨਾਲ ਸਾਂਝ ਬਣਾ, ਤੂੰ ਉਹ ਆਤਮਕ ਦਰਜਾ ਹਾਸਲ ਕਰ ਲਏਂਗਾ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ ।੧।

ਹੇ ਭਾਈ! ਕਾਮ ਕ੍ਰੋਧ ਲੋਭ ਮੋਹ ਅਹੰਕਾਰ—ਇਸ ਵਿਚ ਫਸੇ ਰਿਹਾਂ ਸੁਖ ਨਹੀਂ ਮਿਲਿਆ ਕਰਦਾ । ਹੇ ਮੇਰੇ ਮਨ! ਤੂੰ ਸਭਨਾਂ ਦੇ ਚਰਨਾਂ ਦੀ ਧੂੜ ਬਣਿਆ ਰਹੁ । ਤਦੋਂ ਹੀ ਆਤਮਕ ਆਨੰਦ ਖ਼ੁਸ਼ੀ ਸੁਖ ਪ੍ਰਾਪਤ ਹੁੰਦਾ ਹੈ ।

ਹੇ ਮੇਰੇ ਮਨ! ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰ, ਜੇਹੜਾ ਕਿਸੇ ਦੀ ਕੀਤੀ ਮੇਹਨਤ ਨੂੰ ਅਜਾਈਂ ਨਹੀਂ ਜਾਣ ਦੇਂਦਾ, ਤੇ ਹਰੇਕ ਦੇ ਦਿਲ ਦੀ ਜਾਣਦਾ ਹੈ । ਹੇ ਭਾਈ! ਜੇਹੜਾ ਪ੍ਰਕਾਸ਼-ਰੂਪ ਪ੍ਰਭੂ ਸਭ ਤੋਂ ਵੱਡਾ ਹੈ ਜਿਸ ਦਾ ਸਰੂਪ ਮੌਤ-ਰਹਿਤ ਹੈ, ਉਸ ਦੀ ਪੂਜਾ-ਭਗਤੀ ਕਰ, ਤੇ, ਭੇਟਾ ਵਜੋਂ ਆਪਣਾ ਇਹ ਮਨ ਉਸ ਦੇ ਹਵਾਲੇ ਕਰ ਦੇਹ ।੩।

ਹੇ ਨਾਨਕ! ਗੋਬਿੰਦ ਦਾਮੋਦਰ ਦਇਆ-ਦੇ-ਘਰ, ਮਾਇਆ-ਦੇ-ਪਤੀ, ਪਾਰਬ੍ਰਹਮ ਨਿਰੰਕਾਰ ਦੇ ਨਾਮ ਨੂੰ ਹਰ ਵੇਲੇ ਕੰਮ ਆਉਣ ਵਾਲੀ ਚੀਜ਼ ਬਣਾ, ਨਾਮ ਨੂੰ ਹੀ ਹਿਰਦੇ-ਘਰ ਦਾ ਸਾਮਾਨ ਬਣਾ, ਨਾਮ ਹੀ ਜਿੰਦ ਦਾ ਆਸਰਾ ਹੈ ।੪।੯।੨੦।

ਸੋਰਠਿ ਮਹਲਾ ੫ ॥ ਮਿਰਤਕ ਕਉ ਪਾਇਓ ਤਨਿ ਸਾਸਾ ਬਿਛੁਰਤ ਆਨਿ ਮਿਲਾਇਆ ॥ ਪਸੂ ਪਰੇਤ ਮੁਗਧ ਭਏ ਸ੍ਰੋਤੇ ਹਰਿ ਨਾਮਾ ਮੁਖਿ ਗਾਇਆ ॥੧॥ ਪੂਰੇ ਗੁਰ ਕੀ ਦੇਖੁ ਵਡਾਈ ॥ ਤਾ ਕੀ ਕੀਮਤਿ ਕਹਣੁ ਨ ਜਾਈ ॥ ਰਹਾਉ ॥ ਦੂਖ ਸੋਗ ਕਾ ਢਾਹਿਓ ਡੇਰਾ ਅਨਦ ਮੰਗਲ ਬਿਸਰਾਮਾ ॥ ਮਨ ਬਾਂਛਤ ਫਲ ਮਿਲੇ ਅਚਿੰਤਾ ਪੂਰਨ ਹੋਏ ਕਾਮਾ ॥੨॥ ਈਹਾ ਸੁਖੁ ਆਗੈ ਮੁਖ ਊਜਲ ਮਿਟਿ ਗਏ ਆਵਣ ਜਾਣੇ ॥ ਨਿਰਭਉ ਭਏ ਹਿਰਦੈ ਨਾਮੁ ਵਸਿਆ ਅਪੁਨੇ ਸਤਿਗੁਰ ਕੈ ਮਨਿ ਭਾਣੇ ॥੩॥ ਊਠਤ ਬੈਠਤ ਹਰਿ ਗੁਣ ਗਾਵੈ ਦੂਖੁ ਦਰਦੁ ਭ੍ਰਮੁ ਭਾਗਾ ॥ ਕਹੁ ਨਾਨਕ ਤਾ ਕੇ ਪੂਰ ਕਰੰਮਾ ਜਾ ਕਾ ਗੁਰ ਚਰਨੀ ਮਨੁ ਲਾਗਾ ॥੪॥੧੦॥੨੧॥ {ਪੰਨਾ 614}

ਪਦਅਰਥ:- ਮਿਰਤਕ—(ਆਤਮਕ ਜੀਵਨ ਵਲੋਂ) ਮਰਿਆ ਹੋਇਆ । ਤਨਿ—ਸਰੀਰ ਵਿਚ, ਹਿਰਦੇ ਵਿਚ । ਸਾਸਾ—ਸਾਹ, ਜਿੰਦ, ਆਤਮਕ ਜੀਵਨ ਦੇਣ ਵਾਲਾ ਨਾਮ । ਆਨਿ—ਲਿਆ ਕੇ । ਮੁਗਧ—ਮੂਰਖ । ਸ੍ਰੋਤੇ—(ਸਿਫ਼ਤਿ-ਸਾਲਾਹ ਨੂੰ) ਸੁਣਨ ਵਾਲੇ । ਮੁਖਿ—ਮੂੰਹ ਨਾਲ ।੧।

ਤਾ ਕੀ—ਉਸ (ਵਡਿਆਈ) ਦੀ ।ਰਹਾਉ।

ਸੋਗ—ਗ਼ਮ । ਬਿਸਰਾਮਾ—ਟਿਕਾਣਾ, ਨਿਵਾਸ । ਬਾਂਛਤ—ਇੱਛਤ । ਅਚਿੰਤਾ—ਅਚਨਚੇਤ ।੨।

ਈਹਾ—ਇਸ ਲੋਕ ਵਿਚ । ਆਗੈ—ਪਰਲੋਕ ਵਿਚ । ਹਿਰਦੈ—ਹਿਰਦੈ ਵਿਚ । ਮਨਿ—ਮਨ ਵਿਚ । ਭਾਣੇ—ਪਿਆਰੇ ਲੱਗੇ ।੩।

ਦਰਦੁ—ਪੀੜ । ਭ੍ਰਮੁ—ਭਟਕਣ । ਪੂਰ—ਪੂਰੇ, ਸਫਲ । ਕਰੰਮਾ—ਕੰਮ ।੪।

ਅਰਥ:- ਹੇ ਭਾਈ! ਪੂਰੇ ਗੁਰੂ ਦੀ ਆਤਮਕ ਉੱਚਤਾ ਬੜੀ ਅਸਚਰਜ ਹੈ, ਉਸ ਦਾ ਮੁੱਲ ਨਹੀਂ ਦੱਸਿਆ ਜਾ ਸਕਦਾ ।ਰਹਾਉ।

ਹੇ ਭਾਈ! (ਗੁਰੂ ਆਤਮਕ ਤੌਰ ਤੇ) ਮਰੇ ਹੋਏ ਮਨੁੱਖ ਦੇ ਸਰੀਰ ਵਿਚ ਨਾਮ-ਜਿੰਦ ਪਾ ਦੇਂਦਾ ਹੈ, (ਪ੍ਰਭੂ ਤੋਂ) ਵਿਛੁੜੇ ਹੋਏ ਮਨੁੱਖ ਨੂੰ ਲਿਆ ਕੇ (ਪ੍ਰਭੂ ਨਾਲ) ਮਿਲਾ ਦੇਂਦਾ ਹੈ । ਪਸ਼ੂ (-ਸੁਭਾਉ ਮਨੁੱਖ) ਪ੍ਰੇਤ (-ਸੁਭਾਉ ਬੰਦੇ) ਮੂਰਖ ਮਨੁੱਖ (ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ) ਸੁਣਨ ਵਾਲੇ ਬਣ ਜਾਂਦੇ ਹਨ, ਪਰਮਾਤਮਾ ਦਾ ਨਾਮ ਮੂੰਹ ਨਾਲ ਗਾਣ ਲੱਗ ਜਾਂਦੇ ਹਨ ।੧।

(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸਰਨ ਆ ਪੈਂਦਾ ਹੈ, ਗੁਰੂ ਉਸ ਨੂੰ ਨਾਮ-ਜਿੰਦ ਦੇ ਕੇ ਉਸ ਦੇ ਅੰਦਰੋਂ) ਦੁੱਖਾਂ ਦਾ ਗ਼ਮਾਂ ਦਾ ਡੇਰਾ ਹੀ ਢਾਹ ਦੇਂਦਾ ਹੈ ਉਸ ਦੇ ਅੰਦਰ ਆਨੰਦ ਖ਼ੁਸ਼ੀਆਂ ਦਾ ਟਿਕਾਣਾ ਬਣਾ ਦੇਂਦਾ ਹੈ । ਉਸ ਮਨੁੱਖ ਨੂੰ ਅਚਨਚੇਤ ਮਨ-ਇੱਛਤ ਫਲ ਮਿਲ ਜਾਂਦੇ ਹਨ ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ ।੨।

ਹੇ ਭਾਈ! ਜੇਹੜੇ ਮਨੁੱਖ ਆਪਣੇ ਗੁਰੂ ਦੇ ਮਨ ਵਿਚ ਭਾ ਜਾਂਦੇ ਹਨ, ਉਹਨਾਂ ਨੂੰ ਇਸ ਲੋਕ ਵਿਚ ਸੁਖ ਪ੍ਰਾਪਤ ਰਹਿੰਦਾ ਹੈ, ਪਰਲੋਕ ਵਿਚ ਭੀ ਉਹ ਸੁਰਖ਼-ਰੂ ਹੋ ਜਾਂਦੇ ਹਨ, ਉਹਨਾਂ ਦੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ, ਉਹਨਾਂ ਨੂੰ ਕੋਈ ਡਰ ਪੋਹ ਨਹੀਂ ਸਕਦਾ (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ।੩।

ਹੇ ਨਾਨਕ! ਆਖ—ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ, ਉਸ ਦੇ ਸਾਰੇ ਕੰਮ ਸਫਲ ਹੋ ਜਾਂਦੇ ਹਨ, ਉਹ ਮਨੁੱਖ ਉੱਠਦਾ ਬੈਠਦਾ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਉਸ ਦੇ ਅੰਦਰੋਂ ਹਰੇਕ ਦੁੱਖ ਪੀੜ ਭਟਕਣਾ ਖ਼ਤਮ ਹੋ ਜਾਂਦੀ ਹੈ ।੪।੧੦।੨੧।

ਸੋਰਠਿ ਮਹਲਾ ੫ ॥ ਰਤਨੁ ਛਾਡਿ ਕਉਡੀ ਸੰਗਿ ਲਾਗੇ ਜਾ ਤੇ ਕਛੂ ਨ ਪਾਈਐ ॥ ਪੂਰਨ ਪਾਰਬ੍ਰਹਮ ਪਰਮੇਸੁਰ ਮੇਰੇ ਮਨ ਸਦਾ ਧਿਆਈਐ ॥੧॥ ਸਿਮਰਹੁ ਹਰਿ ਹਰਿ ਨਾਮੁ ਪਰਾਨੀ ॥ ਬਿਨਸੈ ਕਾਚੀ ਦੇਹ ਅਗਿਆਨੀ ॥ ਰਹਾਉ ॥ ਮ੍ਰਿਗ ਤ੍ਰਿਸਨਾ ਅਰੁ ਸੁਪਨ ਮਨੋਰਥ ਤਾ ਕੀ ਕਛੁ ਨ ਵਡਾਈ ॥ ਰਾਮ ਭਜਨ ਬਿਨੁ ਕਾਮਿ ਨ ਆਵਸਿ ਸੰਗਿ ਨ ਕਾਹੂ ਜਾਈ ॥੨॥ ਹਉ ਹਉ ਕਰਤ ਬਿਹਾਇ ਅਵਰਦਾ ਜੀਅ ਕੋ ਕਾਮੁ ਨ ਕੀਨਾ ॥ ਧਾਵਤ ਧਾਵਤ ਨਹ ਤ੍ਰਿਪਤਾਸਿਆ ਰਾਮ ਨਾਮੁ ਨਹੀ

ਚੀਨਾ ॥੩॥ ਸਾਦ ਬਿਕਾਰ ਬਿਖੈ ਰਸ ਮਾਤੋ ਅਸੰਖ ਖਤੇ ਕਰਿ ਫੇਰੇ ॥ ਨਾਨਕ ਕੀ ਪ੍ਰਭ ਪਾਹਿ ਬਿਨੰਤੀ ਕਾਟਹੁ ਅਵਗੁਣ ਮੇਰੇ ॥੪॥੧੧॥੨੨॥ {ਪੰਨਾ 615}

ਪਦਅਰਥ:- ਰਤਨੁ—ਹੀਰੇ ਵਰਗਾ ਕੀਮਤੀ ਪ੍ਰਭੂ-ਨਾਮ । ਕਉਡੀ—ਕਉਡੀ ਵਰਗੀ ਤੁੱਛ ਮਾਇਆ । ਸੰਗਿ—ਨਾਲ । ਜਾ ਤੇ—ਜਿਸ (ਮਾਇਆ) ਪਾਸੋਂ । ਮਨ—ਹੇ ਮਨ! ।੧।

ਪਰਾਨੀ—ਹੇ ਬੰਦੇ! ਕਾਚੀ—ਸਦਾ ਕਾਇਮ ਨਾਹ ਰਹਿਣ ਵਾਲੀ । ਦੇਹ—ਸਰੀਰ । ਅਗਿਆਨੀ—ਹੇ ਮੂਰਖ! ।ਰਹਾਉ।

ਮ੍ਰਿਗ ਤ੍ਰਿਸਨਾ—ਠਗ ਨੀਰਾ, ਉਹ ਰੇਤ-ਥਲਾ ਜੋ ਤਿਹਾਏ ਹਰਨ ਨੂੰ ਪਾਣੀ ਜਾਪਦਾ ਹੈ । ਸੁਪਨ ਮਨੋਰਥ—ਸੁਪਨੇ ਵਿਚ ਮਿਲੇ ਪਦਾਰਥ । ਤਾ ਕੀ—ਇਸ (ਮਾਇਆ) ਦੀ । ਕਾਮਿ—ਕੰਮ ਵਿਚ । ਨ ਆਵਸਿ—ਨਹੀਂ ਆਵੇਗੀ । ਕਾਹੂ ਸੰਗਿ—ਕਿਸੇ ਦੇ ਭੀ ਨਾਲ ।੨।

ਹਉ ਹਉ ਕਰਤ—ਮੈਂ ਮੈਂ ਕਰਦਿਆਂ, ਸਦਾ ਮਾਣ ਕਰਦਿਆਂ । ਬਿਹਾਇ—ਗੁਜ਼ਰ ਜਾਂਦੀ ਹੈ । ਅਵਰਦਾ—ਉਮਰ । ਜੀਅ ਕੋ—ਜਿੰਦ ਦਾ, ਜਿੰਦ ਦੇ ਲਾਭ ਵਾਸਤੇ । ਧਾਵਤ ਧਾਵਤ—ਦੌੜਦਾ ਭਟਕਦਾ । ਤ੍ਰਿਪਤਾਸਿਆ—ਰੱਜਦਾ । ਚੀਨਾ—ਪਛਾਣਿਆ, ਸਾਂਝ ਪਾਈ ।੩।

ਸਾਦ—ਚਸਕੇ । ਬਿਖੈ ਰਸ—ਪਦਾਰਥਾਂ ਦੇ ਸੁਆਦ । ਮਾਤੋ—ਮਸਤ । ਖਤੇ—ਪਾਪ । ਕਰਿ—ਕਰ ਕੇ । ਫੇਰੇ—ਜਨਮ ਮਰਨ ਦੇ ਗੇੜਾਂ ਵਿਚ । ਪਾਹਿ—ਪਾਸਿ, ਪਾਸ ।੪।

ਅਰਥ:- ਹੇ ਬੰਦੇ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ । ਹੇ ਗਿਆਨਹੀਨ! ਇਹ ਸਰੀਰ ਸਦਾ ਕਾਇਮ ਰਹਿਣ ਵਾਲਾ ਨਹੀਂ ਹੈ, ਇਹ ਜ਼ਰੂਰ ਨਾਸ ਹੋ ਜਾਂਦਾ ਹੈ ।ਰਹਾਉ।

(ਹੇ ਭਾਈ! ਮਾਇਆ-ਵੇੜ੍ਹੇ ਮਨੁੱਖ) ਕੀਮਤੀ ਪ੍ਰਭੂ-ਨਾਮ ਛੱਡ ਕੇ ਕਉਡੀ (ਦੇ ਮੁੱਲ ਦੀ ਮਾਇਆ) ਨਾਲ ਚੰਬੜੇ ਰਹਿੰਦੇ ਹਨ, ਜਿਸ ਪਾਸੋਂ (ਅੰਤ) ਕੁਝ ਭੀ ਪ੍ਰਾਪਤ ਨਹੀਂ ਹੁੰਦਾ । ਹੇ ਮੇਰੇ ਮਨ! ਸਰਬ-ਵਿਆਪਕ ਪਾਰਬ੍ਰਹਮ ਪਰਮੇਸਰ ਦਾ ਨਾਮ ਸਦਾ ਸਿਮਰਨਾ ਚਾਹੀਦਾ ਹੈ ।੧।

(ਹੇ ਭਾਈ! ਇਹ ਮਾਇਆ) ਠਗ-ਨੀਰਾ ਹੈ (ਜੋ ਤਿਹਾਏ ਹਰਨ ਨੂੰ ਤੜਫਾ ਤੜਫਾ ਕੇ ਮਾਰ ਮੁਕਾਂਦਾ ਹੈ) ਸੁਪਨਿਆਂ ਵਿਚ ਮਿਲੇ ਪਦਾਰਥ ਹੈ, (ਆਤਮਕ ਜੀਵਨ ਵਾਲੇ ਦੇਸ਼ ਵਿਚ) ਇਸ ਮਾਇਆ ਨੂੰ ਕੁਝ ਭੀ ਇੱਜ਼ਤ ਨਹੀਂ ਮਿਲਦੀ । ਪਰਮਾਤਮਾ ਦੇ ਭਜਨ ਤੋਂ ਬਿਨਾ (ਹੋਰ ਕੋਈ ਚੀਜ਼) ਕੰਮ ਨਹੀਂ ਆਉਂਦੀ, ਇਹ ਮਾਇਆ (ਅੰਤ) ਕਿਸੇ ਦੇ ਭੀ ਨਾਲ ਨਹੀਂ ਜਾਂਦੀ ।੨।

(ਹੇ ਭਾਈ! ਮਾਇਆ-ਵੇੜ੍ਹੇ ਮਨੁੱਖ ਦੀ) ਉਮਰ (ਮਾਇਆ ਦਾ) ਮਾਣ ਕਰਦਿਆਂ ਹੀ ਬੀਤ ਜਾਂਦੀ ਹੈ, ਉਹ ਕੋਈ ਐਸਾ ਕੰਮ ਨਹੀਂ ਕਰਦਾ ਜੋ ਜਿੰਦ ਦੇ ਲਾਭ ਵਾਸਤੇ ਹੋਵੇ । (ਸਾਰੀ ਉਮਰ ਮਾਇਆ ਦੀ ਖ਼ਾਤਰ) ਦੌੜਦਾ ਭਟਕਦਾ ਰਹਿੰਦਾ ਹੈ, ਰੱਜਦਾ ਨਹੀਂ, ਪਰਮਾਤਮਾ ਦੇ ਨਾਮ ਨਾਲ ਸਾਂਝ ਨਹੀਂ ਪਾਂਦਾ ।੩।

ਹੇ ਭਾਈ! ਮਾਇਆ-ਵੇੜ੍ਹਿਆ ਮਨੁੱਖ ਚਸਕਿਆਂ ਵਿਚ ਵਿਕਾਰਾਂ ਵਿਚ ਪਦਾਰਥਾਂ ਦੇ ਸੁਆਦਾਂ ਵਿਚ ਮਸਤ ਰਹਿੰਦਾ ਹੈ, ਬੇਅੰਤ ਪਾਪ ਕਰ ਕਰ ਕੇ ਜਨਮ ਮਰਨ ਦੇ ਗੇੜਾਂ ਵਿਚ ਪਿਆ ਰਹਿੰਦਾ ਹੈ । ਹੇ ਭਾਈ! ਨਾਨਕ ਦੀ ਅਰਜ਼ੋਈ ਤਾਂ ਪ੍ਰਭੂ ਪਾਸ ਹੀ ਹੈ (ਨਾਨਕ ਪ੍ਰਭੂ ਨੂੰ ਹੀ ਆਖਦਾ ਹੈ—ਹੇ ਪ੍ਰਭੂ!) ਮੇਰੇ ਔਗੁਣ ਕੱਟ ਦੇਹ ।੪।੧੧।੨੨।

ਸੋਰਠਿ ਮਹਲਾ ੫ ॥ ਗੁਣ ਗਾਵਹੁ ਪੂਰਨ ਅਬਿਨਾਸੀ ਕਾਮ ਕ੍ਰੋਧ ਬਿਖੁ ਜਾਰੇ ॥ ਮਹਾ ਬਿਖਮੁ ਅਗਨਿ ਕੋ ਸਾਗਰੁ ਸਾਧੂ ਸੰਗਿ ਉਧਾਰੇ ॥੧॥ ਪੂਰੈ ਗੁਰਿ ਮੇਟਿਓ ਭਰਮੁ ਅੰਧੇਰਾ ॥ ਭਜੁ ਪ੍ਰੇਮ ਭਗਤਿ ਪ੍ਰਭੁ ਨੇਰਾ ॥ ਰਹਾਉ ॥ ਹਰਿ ਹਰਿ ਨਾਮੁ ਨਿਧਾਨ ਰਸੁ ਪੀਆ ਮਨ ਤਨ ਰਹੇ ਅਘਾਈ ॥ ਜਤ ਕਤ ਪੂਰਿ ਰਹਿਓ ਪਰਮੇਸਰੁ ਕਤ ਆਵੈ ਕਤ ਜਾਈ ॥੨॥ ਜਪ ਤਪ ਸੰਜਮ ਗਿਆਨ ਤਤ ਬੇਤਾ ਜਿਸੁ ਮਨਿ ਵਸੈ ਗੋੁਪਾਲਾ ॥ ਨਾਮੁ ਰਤਨੁ ਜਿਨਿ ਗੁਰਮੁਖਿ ਪਾਇਆ ਤਾ ਕੀ ਪੂਰਨ ਘਾਲਾ ॥੩॥ ਕਲਿ ਕਲੇਸ ਮਿਟੇ ਦੁਖ ਸਗਲੇ ਕਾਟੀ ਜਮ ਕੀ ਫਾਸਾ ॥ ਕਹੁ ਨਾਨਕ ਪ੍ਰਭਿ ਕਿਰਪਾ ਧਾਰੀ ਮਨ ਤਨ ਭਏ ਬਿਗਾਸਾ ॥੪॥੧੨॥੨੩॥ {ਪੰਨਾ 615}

ਪਦਅਰਥ:- ਬਿਖੁ—ਜ਼ਹਰ । ਜਾਰੇ—ਸਾੜ ਦੇਂਦਾ ਹੈ । ਬਿਖਮੁ—ਔਖਾ । ਕੋ—ਦਾ । ਅਗਨਿ ਕੋ ਸਾਗਰੁ—ਅੱਗ ਦਾ ਸਮੁੰਦਰ । ਸੰਗਿ—ਸੰਗਤਿ ਵਿਚ । ਉਧਾਰੇ—ਪਾਰ ਲੰਘਾ ਦੇਂਦਾ ਹੈ ।੧।

ਗੁਰਿ—ਗੁਰੂ ਨੇ । ਭਰਮੁ—ਭਟਕਣ । ਅੰਧੇਰਾ—(ਮਾਇਆ ਦੇ ਮੋਹ ਦਾ) ਹਨੇਰਾ । ਭਜੁ—ਸਿਮਰ । ਨੇਰਾ—ਨੇੜੇ, ਅੰਗ-ਸੰਗ ।ਰਹਾਉ।

ਨਿਧਾਨ—ਖ਼ਜ਼ਾਨੇ । ਰਹੇ ਅਘਾਈ—ਰੱਜ ਗਏ, ਤ੍ਰਿਪਤ ਹੋ ਗਏ । ਜਤ ਕਤ—ਜਿੱਥੇ ਕਿੱਥੇ, ਹਰ ਥਾਂ ।੨।

ਬੇਤਾ—ਜਾਣਨ ਵਾਲਾ । ਤਤ ਬੇਤਾ—ਅਸਲੀਅਤ ਦਾ ਜਾਣਨ ਵਾਲਾ । ਜਿਸੁ ਮਨਿ—ਜਿਸ ਦੇ ਮਨ ਵਿਚ । ਗੋੁਪਾਲਾ—{ਅੱਖਰ 'ਗ' ਦੇ ਨਾਲ ਦੋ ਲਗਾਂ ਹਨ—ੋ, ਅਤੇ ੁ । ਅਸਲ ਲਫ਼ਜ਼ 'ਗੋਪਾਲਾ' ਹੈ, ਇਥੇ ਇਸ ਨੂੰ 'ਗੁਪਾਲਾ' ਪੜ੍ਹਨਾ ਹੈ} । ਜਿਨਿ—ਜਿਸ ਮਨੁੱਖ ਨੇ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਘਾਲਾ—ਮੇਹਨਤ ।੩।

ਕਲਿ—ਝਗੜੇ । ਸਗਲੇ—ਸਾਰੇ । ਫਾਸਾ—ਫਾਹੀ । ਪ੍ਰਭਿ—ਪ੍ਰਭੂ ਨੇ । ਬਿਗਾਸਾ—ਪ੍ਰਸੰਨ ।੪।

ਅਰਥ:- (ਹੇ ਭਾਈ! ਪੂਰੇ ਗੁਰੂ ਦੀ ਸਰਨ ਪਉ । ਜੇਹੜਾ ਮਨੁੱਖ ਪੂਰੇ ਗੁਰੂ ਦੀ ਸਰਨ ਪਿਆ) ਪੂਰੇ ਗੁਰੂ ਨੇ (ਉਸ ਦਾ) ਭਰਮ ਮਿਟਾ ਦਿੱਤਾ, (ਉਸ ਦਾ ਮਾਇਆ ਦੇ ਮੋਹ ਦਾ) ਹਨੇਰਾ ਦੂਰ ਕਰ ਦਿੱਤਾ । (ਹੇ ਭਾਈ! ਤੂੰ ਭੀ ਗੁਰੂ ਦੀ ਸਰਨ ਪੈ ਕੇ) ਪ੍ਰੇਮ-ਭਰੀ ਭਗਤੀ ਨਾਲ ਪ੍ਰਭੂ ਦਾ ਭਜਨ ਕਰਿਆ ਕਰ, (ਤੈਨੂੰ) ਪ੍ਰਭੂ ਅੰਗ-ਸੰਗ (ਦਿੱਸ ਪਏਗਾ) ।ਰਹਾਉ।

(ਹੇ ਭਾਈ! ਪੂਰੇ ਗੁਰੂ ਦੀ ਸਰਨ ਪੈ ਕੇ) ਸਰਬ-ਵਿਆਪਕ ਨਾਸ-ਰਹਿਤ ਪ੍ਰਭੂ ਦੇ ਗੁਣ ਗਾਇਆ ਕਰ । (ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ ਗੁਰੂ ਉਸ ਦੇ ਅੰਦਰੋਂ ਆਤਮਕ ਮੌਤ ਲਿਆਉਣ ਵਾਲੇ) ਕਾਮ ਕ੍ਰੋਧ (ਆਦਿਕ ਦੀ) ਜ਼ਹਰ ਸਾੜ ਦੇਂਦਾ ਹੈ । (ਇਹ ਜਗਤ ਵਿਕਾਰਾਂ ਦੀ) ਅੱਗ ਦਾ ਸਮੁੰਦਰ (ਹੈ, ਇਸ ਵਿਚੋਂ ਪਾਰ ਲੰਘਣਾ) ਬਹੁਤ ਕਠਨ ਹੈ (ਸਿਫ਼ਤਿ-ਸਾਲਾਹ ਦੇ ਗੀਤ ਗਾਣ ਵਾਲੇ ਮਨੁੱਖ ਨੂੰ ਗੁਰੂ) ਸਾਧ ਸੰਗਤਿ ਵਿਚ (ਰੱਖ ਕੇ, ਇਸ ਸਮੁੰਦਰ ਵਿਚੋਂ) ਪਾਰ ਲੰਘਾ ਦੇਂਦਾ ਹੈ ।੧।

ਹੇ ਭਾਈ! ਪਰਮਾਤਮਾ ਦਾ ਨਾਮ (ਸਾਰੇ ਰਸਾਂ ਦਾ ਖ਼ਜ਼ਾਨਾ ਹੈ, ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਇਸ) ਖ਼ਜ਼ਾਨੇ ਦਾ ਰਸ ਪੀਂਦਾ ਹੈ, ਉਸ ਦਾ ਮਨ ਉਸ ਦਾ ਤਨ (ਮਾਇਆ ਦੇ ਰਸਾਂ ਵਲੋਂ) ਰੱਜ ਜਾਂਦੇ ਹਨ । ਉਸ ਨੂੰ ਹਰ ਥਾਂ ਪਰਮਾਤਮਾ ਵਿਆਪਕ ਦਿੱਸ ਪੈਂਦਾ ਹੈ । ਉਹ ਮਨੁੱਖ ਫਿਰ ਨਾਹ ਜੰਮਦਾ ਹੈ ਨਾਹ ਮਰਦਾ ਹੈ ।੨।

ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਨਾਮ ਰਤਨ ਲੱਭ ਲਿਆ, ਉਸ ਦੀ (ਆਤਮਕ ਜੀਵਨ ਵਾਲੀ)

ਮੇਹਨਤ ਕਾਮਯਾਬ ਹੋ ਗਈ । (ਗੁਰੂ ਦੀ ਰਾਹੀਂ) ਜਿਸ ਮਨੁੱਖ ਦੇ ਮਨ ਵਿਚ ਸ੍ਰਿਸ਼ਟੀ ਦਾ ਪਾਲਣ-ਹਾਰ ਆ ਵੱਸਦਾ ਹੈ, ਉਹ ਮਨੁੱਖ ਅਸਲੀ ਜਪ ਤਪ ਸੰਜਮ ਦਾ ਭੇਤ ਸਮਝਣ ਵਾਲਾ ਹੋ ਜਾਂਦਾ ਹੈ ਉਹ ਮਨੁੱਖ ਆਤਮਕ ਜੀਵਨ ਦੀ ਸੂਝ ਦਾ ਗਿਆਤਾ ਹੋ ਜਾਂਦਾ ਹੈ ।੩।

ਹੇ ਨਾਨਕ! ਆਖ—ਜਿਸ ਮਨੁੱਖ ਉਤੇ ਪ੍ਰਭੂ ਨੇ ਮੇਹਰ ਕੀਤੀ (ਉਸ ਨੂੰ ਪ੍ਰਭੂ ਨੇ ਗੁਰੂ ਮਿਲਾ ਦਿੱਤਾ, ਤੇ) ਉਸ ਦਾ ਮਨ ਉਸ ਦਾ ਤਨ ਆਤਮਕ ਆਨੰਦ ਨਾਲ ਪ੍ਰਫੁਲਤ ਹੋ ਗਿਆ । ਉਸ ਮਨੁੱਖ ਦੀ ਜਮਾਂ ਵਾਲੀ ਫਾਹੀ ਕੱਟੀ ਗਈ (ਉਸ ਦੇ ਗਲੋਂ ਮਾਇਆ ਦੇ ਮੋਹ ਦੀ ਫਾਹੀ ਕੱਟੀ ਗਈ ਜੋ ਆਤਮਕ ਮੌਤ ਲਿਆ ਕੇ ਜਮਾਂ ਦੇ ਵੱਸ ਪਾਂਦੀ ਹੈ), ਉਸ ਦੇ ਸਾਰੇ ਦੁੱਖ ਕਲੇਸ਼ ਕਸ਼ਟ ਦੂਰ ਹੋ ਗਏ ।੪।੧੨।੨੩।

ਸੋਰਠਿ ਮਹਲਾ ੫ ॥ ਕਰਣ ਕਰਾਵਣਹਾਰ ਪ੍ਰਭੁ ਦਾਤਾ ਪਾਰਬ੍ਰਹਮ ਪ੍ਰਭੁ ਸੁਆਮੀ ॥ ਸਗਲੇ ਜੀਅ ਕੀਏ ਦਇਆਲਾ ਸੋ ਪ੍ਰਭੁ ਅੰਤਰਜਾਮੀ ॥੧॥ ਮੇਰਾ ਗੁਰੁ ਹੋਆ ਆਪਿ ਸਹਾਈ ॥ ਸੂਖ ਸਹਜ ਆਨੰਦ ਮੰਗਲ ਰਸ ਅਚਰਜ ਭਈ ਬਡਾਈ ॥ ਰਹਾਉ ॥ ਗੁਰ ਕੀ ਸਰਣਿ ਪਏ ਭੈ ਨਾਸੇ ਸਾਚੀ ਦਰਗਹ ਮਾਨੇ ॥ ਗੁਣ ਗਾਵਤ ਆਰਾਧਿ ਨਾਮੁ ਹਰਿ ਆਏ ਅਪੁਨੈ ਥਾਨੇ ॥੨॥ ਜੈ ਜੈ ਕਾਰੁ ਕਰੈ ਸਭ ਉਸਤਤਿ ਸੰਗਤਿ ਸਾਧ ਪਿਆਰੀ ॥ ਸਦ ਬਲਿਹਾਰਿ ਜਾਉ ਪ੍ਰਭ ਅਪੁਨੇ ਜਿਨਿ ਪੂਰਨ ਪੈਜ ਸਵਾਰੀ ॥੩॥ ਗੋਸਟਿ ਗਿਆਨੁ ਨਾਮੁ ਸੁਣਿ ਉਧਰੇ ਜਿਨਿ ਜਿਨਿ ਦਰਸਨੁ ਪਾਇਆ ॥ ਭਇਓ ਕ੍ਰਿਪਾਲੁ ਨਾਨਕ ਪ੍ਰਭੁ ਅਪੁਨਾ ਅਨਦ ਸੇਤੀ ਘਰਿ ਆਇਆ ॥੪॥੧੩॥੨੪॥ {ਪੰਨਾ 615}

ਪਦਅਰਥ:- ਕਰਣਹਾਰ—ਸਭ ਕੁਝ ਕਰ ਸਕਣ ਵਾਲਾ । ਕਰਾਵਣਹਾਰ—(ਜੀਵਾਂ ਪਾਸੋਂ) ਸਭ ਕੁਝ ਕਰਾ ਸਕਣ ਵਾਲਾ । ਦਾਤਾ—ਦਾਤਾਂ ਦੇਣ ਵਾਲਾ । ਸੁਆਮੀ—ਮਾਲਕ । ਜੀਅ—(ਲਫ਼ਜ਼ 'ਜੀਵ' ਤੋਂ ਬਹੁ-ਵਚਨ) । ਕੀਏ—ਪੈਦਾ ਕੀਤੇ । ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ ।੧।

ਸਹਾਈ—ਮਦਦਗਾਰ । ਸਹਜ—ਆਤਮਕ ਅਡੋਲਤਾ । ਮੰਗਲ—ਖ਼ੁਸ਼ੀਆਂ । ਰਸ—ਸੁਆਦ । ਅਚਰਜ—ਹੈਰਾਨ ਕਰ ਦੇਣ ਵਾਲੀ । ਬਡਾਈ—ਇੱਜ਼ਤ ।ਰਹਾਉ।

ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਸਾਚੀ—ਸਦਾ ਕਾਇਮ ਰਹਿਣ ਵਾਲੀ । ਮਾਨੇ—ਆਦਰ ਪਾਂਦੇ ਹਨ । ਆਰਾਧਿ—ਸਿਮਰ ਕੇ । ਅਪੁਨੈ ਥਾਨੇ—ਉਸ ਥਾਂ ਤੇ ਜਿਥੋਂ ਕੋਈ ਵਿਕਾਰ ਭਟਕਣਾ ਵਿਚ ਨਹੀਂ ਪਾ ਸਕਦਾ ।੨।

ਜੈ ਜੈਕਾਰੁ—ਵਡਿਆਈ, ਆਦਰ-ਮਾਣ । ਸਭ—ਸਾਰੀ ਲੁਕਾਈ । ਉਸਤਤਿ—ਸੋਭਾ । ਸਾਧ—ਗੁਰੂ । ਸਦ—ਸਦਾ । ਬਲਿਹਾਰਿ ਜਾਉ—ਮੈਂ ਸਦਕੇ ਜਾਂਦਾ ਹਾਂ (ਜਾਉਂ)! ਜਿਨਿ—ਜਿਸ (ਪ੍ਰਭੂ) ਨੇ । ਪੈਜ—ਇੱਜ਼ਤ ।੩।

ਗੋਸਟਿ—ਮਿਲਾਪ । ਗਿਆਨੁ—ਆਤਮਕ ਜੀਵਨ ਦੀ ਸੂਝ । ਸੁਣਿ—ਸੁਣ ਕੇ । ਉਧਾਰੇ—ਵਿਕਾਰਾਂ ਤੋਂ ਬਚ ਜਾਂਦੇ ਹਨ । ਜਿਨਿ ਜਿਨਿ—ਜਿਸ ਮਨੁੱਖ ਨੇ । ਸੇਤੀ—ਨਾਲ । ਘਰਿ—ਘਰ ਵਿਚ, ਹਿਰਦੇ-ਘਰ ਵਿਚ ।੪।

ਅਰਥ:- ਹੇ ਭਾਈ! ਮੇਰਾ ਗੁਰੂ (ਜਿਸ ਮਨੁੱਖ ਦਾ) ਮਦਦਗਾਰ ਆਪ ਬਣਦਾ ਹੈ, ਉਸ ਮਨੁੱਖ ਦੇ ਅੰਦਰ ਆਤਮਕ ਅਡੋਲਤਾ ਦੇ ਸੁਖ ਆਨੰਦ ਖ਼ੁਸ਼ੀਆਂ ਤੇ ਸੁਆਦ ਉੱਘੜ ਪੈਂਦੇ ਹਨ । ਉਸ ਮਨੁੱਖ ਨੂੰ (ਲੋਕ ਪਰਲੋਕ ਵਿਚ) ਐਸੀ ਇੱਜ਼ਤ ਮਿਲਦੀ ਹੈ ਕਿ ਹੈਰਾਨ ਹੋ ਜਾਈਦਾ ਹੈ ।ਰਹਾਉ।

(ਹੇ ਭਾਈ! ਜਿਸ ਮਨੁੱਖ ਦਾ ਸਹਾਈ ਗੁਰੂ ਬਣ ਜਾਂਦਾ ਹੈ, ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਸਭ ਕੁਝ ਕਰ ਸਕਣ ਵਾਲਾ ਹੈ (ਜੀਵਾਂ ਪਾਸੋਂ) ਸਭ ਕੁਝ ਕਰਾ ਸਕਣ ਵਾਲਾ ਹੈ, ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਸਭ ਦਾ ਮਾਲਕ ਹੈ, ਸਾਰੇ ਜੀਵ ਉਸੇ ਦਇਆ-ਦੇ-ਘਰ ਪ੍ਰਭੂ ਨੇ ਪੈਦਾ ਕੀਤੇ ਹੋਏ ਹਨ, ਉਹ ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ ।੧।

ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਆ ਪੈਂਦੇ ਹਨ, ਉਹਨਾਂ ਦੇ ਸਾਰੇ ਡਰ ਦੂਰ ਹੋ ਜਾਂਦੇ ਹਨ, ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹਜ਼ੂਰੀ ਵਿਚ ਉਹਨਾਂ ਨੂੰ ਆਦਰ ਮਿਲਦਾ ਹੈ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਕੇ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਉਹ ਆਪਣੇ (ਉਸ ਹਿਰਦੇ-) ਥਾਂ ਵਿਚ ਆ ਟਿਕਦੇ ਹਨ (ਜਿਥੋਂ ਕੋਈ ਵਿਕਾਰ ਉਹਨਾਂ ਨੂੰ ਕੱਢ ਕੇ ਭਟਕਣਾ ਵਿਚ ਨਹੀਂ ਪਾ ਸਕਦਾ) ।੨।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ ਸੰਗਤਿ ਪਿਆਰੀ ਲੱਗਣ ਲੱਗ ਪੈਂਦੀ ਹੈ, ਸਾਰੀ ਲੁਕਾਈ ਉਸ ਦੀ ਵਡਿਆਈ ਕਰਦੀ ਹੈ, ਸੋਭਾ ਕਰਦੀ ਹੈ । ਹੇ ਭਾਈ! ਮੈਂ (ਭੀ) ਆਪਣੇ ਪ੍ਰਭੂ ਤੋਂ ਸਦਾ ਸਦਕੇ ਜਾਂਦਾ ਹਾਂ ਜਿਸ ਨੇ (ਮੈਨੂੰ ਗੁਰੂ ਦੀ ਸਰਨ ਪਾ ਕੇ) ਮੇਰੀ ਇੱਜ਼ਤ ਪੂਰੇ ਤੌਰ ਤੇ ਰੱਖ ਲਈ ਹੈ ।੩।

ਹੇ ਭਾਈ! ਜਿਸ ਜਿਸ ਮਨੁੱਖ ਨੇ (ਗੁਰੂ ਦਾ) ਦਰਸਨ ਕੀਤਾ ਹੈ, ਉਹਨਾਂ ਨੂੰ ਪ੍ਰਭੂ ਦਾ ਮਿਲਾਪ ਪ੍ਰਾਪਤ ਹੋ ਗਿਆ, ਉਹਨਾਂ ਨੂੰ ਆਤਮਕ ਜੀਵਨ ਦੀ ਸੂਝ ਪ੍ਰਾਪਤ ਹੋ ਗਈ, ਪ੍ਰਭੂ ਦਾ ਨਾਮ ਸੁਣ ਸੁਣ ਕੇ ਉਹ ਮਨੁੱਖ (ਵਿਕਾਰਾਂ ਦੇ ਹੱਲਿਆਂ ਤੋਂ) ਬਚ ਗਏ । ਹੇ ਨਾਨਕ! ਜਿਸ ਮਨੁੱਖ ਉਤੇ ਪਿਆਰਾ ਪ੍ਰਭੂ ਦਇਆਵਾਨ ਹੋਇਆ ਉਹ ਮਨੁੱਖ ਆਤਮਕ ਅਨੰਦ ਨਾਲ ਪ੍ਰਭੂ-ਚਰਨਾਂ ਵਿਚ ਲੀਨ ਹੋ ਗਿਆ ।੪।੧੩।੨੪।

ਸੋਰਠਿ ਮਹਲਾ ੫ ॥ ਪ੍ਰਭ ਕੀ ਸਰਣਿ ਸਗਲ ਭੈ ਲਾਥੇ ਦੁਖ ਬਿਨਸੇ ਸੁਖੁ ਪਾਇਆ ॥ ਦਇਆਲੁ ਹੋਆ ਪਾਰਬ੍ਰਹਮੁ ਸੁਆਮੀ ਪੂਰਾ ਸਤਿਗੁਰੁ ਧਿਆਇਆ ॥੧॥ ਪ੍ਰਭ ਜੀਉ ਤੂ ਮੇਰੋ ਸਾਹਿਬੁ ਦਾਤਾ ॥ ਕਰਿ ਕਿਰਪਾ ਪ੍ਰਭ ਦੀਨ ਦਇਆਲਾ ਗੁਣ ਗਾਵਉ ਰੰਗਿ ਰਾਤਾ ॥ ਰਹਾਉ ॥ ਸਤਿਗੁਰਿ ਨਾਮੁ ਨਿਧਾਨੁ ਦ੍ਰਿੜਾਇਆ ਚਿੰਤਾ ਸਗਲ ਬਿਨਾਸੀ ॥ ਕਰਿ ਕਿਰਪਾ ਅਪੁਨੋ ਕਰਿ ਲੀਨਾ ਮਨਿ ਵਸਿਆ ਅਬਿਨਾਸੀ ॥੨॥ ਤਾ ਕਉ ਬਿਘਨੁ ਨ ਕੋਊ ਲਾਗੈ ਜੋ ਸਤਿਗੁਰਿ ਅਪੁਨੈ ਰਾਖੇ ॥ ਚਰਨ ਕਮਲ ਬਸੇ ਰਿਦ ਅੰਤਰਿ ਅੰਮ੍ਰਿਤ ਹਰਿ ਰਸੁ ਚਾਖੇ ॥੩॥ ਕਰਿ ਸੇਵਾ ਸੇਵਕ ਪ੍ਰਭ ਅਪੁਨੇ ਜਿਨਿ ਮਨ ਕੀ ਇਛ ਪੁਜਾਈ ॥ ਨਾਨਕ ਦਾਸ ਤਾ ਕੈ ਬਲਿਹਾਰੈ ਜਿਨਿ ਪੂਰਨ ਪੈਜ ਰਖਾਈ ॥੪॥੧੪॥੨੫॥ {ਪੰਨਾ 615-616}

ਪਦਅਰਥ:- ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਪੂਰਾ—ਸਾਰੇ ਗੁਣਾਂ ਦਾ ਮਾਲਕ ।੧।

ਪ੍ਰਭ—ਹੇ ਪ੍ਰਭੂ! ਸਾਹਿਬੁ—ਮਾਲਕ । ਗਾਵਉ—ਗਾਵਉਂ, ਮੈਂ ਗਾਵਾਂ । ਰੰਗਿ—ਪ੍ਰੇਮ-ਰੰਗ ਵਿਚ । ਰਾਤਾ—ਰੰਗਿਆ ਹੋਇਆ ।ਰਹਾਉ।

ਸਤਿਗੁਰਿ—ਗੁਰੂ ਨੇ । ਨਿਧਾਨੁ—ਖ਼ਜ਼ਾਨਾ । ਦ੍ਰਿੜਾਇਆ—ਹਿਰਦੇ ਵਿਚ ਪੱਕਾ ਕਰ ਦਿੱਤਾ । ਕਰਿ ਲੀਨਾ—ਬਣਾ ਲਿਆ । ਮਨਿ—ਮਨ ਵਿਚ ।੨।

ਕਉ—ਨੂੰ । ਬਿਘਨੁ—ਰੁਕਾਵਟ । ਰਿਦ—ਹਿਰਦਾ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ।੩।

ਸੇਵਕ—ਸੇਵਕਾਂ ਵਾਂਗ । ਜਿਨਿ—ਜਿਸ (ਪ੍ਰਭੂ) ਨੇ । ਇਛ—ਕਾਮਨਾ । ਪੁਜਾਈ—ਪੂਰੀ ਕਰ ਦਿੱਤੀ । ਤਾ

ਕੈ—ਉਸ ਤੋਂ । ਪੈਜ—ਇੱਜ਼ਤ । ਪੂਰਨ—ਪੂਰੇ ਤੌਰ ਤੇ ।੪।

ਅਰਥ:– ਹੇ ਪ੍ਰਭੂ ਜੀ! ਤੂੰ ਮੇਰਾ ਮਾਲਕ ਹੈਂ, ਤੂੰ ਮੈਨੂੰ ਸਾਰੀਆਂ ਦਾਤਾਂ ਦੇਣ ਵਾਲਾ ਹੈਂ । ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਂ ਤੇਰੇ ਪ੍ਰੇਮ-ਰੰਗ ਵਿਚ ਰੰਗੀਜ ਕੇ ਤੇਰੇ ਗੁਣ ਗਾਂਦਾ ਰਹਾਂ ।ਰਹਾਉ।

ਹੇ ਭਾਈ! ਜੇਹੜਾ ਮਨੁੱਖ ਪੂਰੇ ਗੁਰੂ ਦਾ ਧਿਆਨ ਧਰਦਾ ਹੈ, ਉਸ ਉੱਤੇ ਮਾਲਕ ਪਰਮਾਤਮਾ ਦਇਆਵਾਨ ਹੁੰਦਾ ਹੈ (ਤੇ, ਉਹ ਮਨੁੱਖ ਪਰਮਾਤਮਾ ਦੀ ਸਰਨ ਪੈਂਦਾ ਹੈ) ਪਰਮਾਤਮਾ ਦੀ ਸਰਨ ਪਿਆਂ ਉਸ ਦੇ ਸਾਰੇ ਡਰ ਲਹਿ ਜਾਂਦੇ ਹਨ, ਸਾਰੇ ਦੁੱਖ ਦੂਰ ਹੋ ਜਾਂਦੇ ਹਨ, ਉਹ (ਸਦਾ) ਆਤਮਕ ਆਨੰਦ ਮਾਣਦਾ ਹੈ ।੧।

ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਸਾਰੇ ਸੁਖਾਂ ਦਾ ਖ਼ਜ਼ਾਨਾ ਪ੍ਰਭੂ-ਨਾਮ ਪੱਕਾ ਕਰ ਦਿੱਤਾ, ਉਸ ਦੀ ਸਾਰੀ ਚਿੰਤਾ ਦੂਰ ਹੋ ਗਈ । ਪਰਮਾਤਮਾ ਮੇਹਰ ਕਰ ਕੇ ਉਸ ਨੂੰ ਆਪਣਾ ਬਣਾ ਲੈਂਦਾ ਹੈ, ਉਸ ਦੇ ਮਨ ਵਿਚ ਨਾਸ ਰਹਿਤ ਪਰਮਾਤਮਾ ਆ ਵੱਸਦਾ ਹੈ ।੨।

ਹੇ ਭਾਈ! ਆਪਣੇ ਗੁਰੂ ਨੇ ਜਿਸ ਮਨੁੱਖ ਦੀ ਰੱਖਿਆ ਕੀਤੀ ਉਸ ਨੂੰ (ਆਤਮਕ ਜੀਵਨ ਦੇ ਰਸਤੇ ਵਿਚ) ਕੋਈ ਰੁਕਾਵਟ ਨਹੀਂ ਆਉਂਦੀ । ਪਰਮਾਤਮਾ ਦੇ ਕੌਲ ਫੁੱਲਾਂ ਵਰਗੇ ਕੋਮਲ ਚਰਨ ਉਸ ਦੇ ਹਿਰਦੇ ਵਿਚ ਆ ਵੱਸਦੇ ਹਨ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਰਸ ਸਦਾ ਚੱਖਦਾ ਹੈ ।੩।

ਹੇ ਭਾਈ! ਜਿਸ ਪਰਮਾਤਮਾ ਨੇ (ਹਰ ਵੇਲੇ) ਤੇਰੇ ਮਨ ਦੀ (ਹਰੇਕ) ਕਾਮਨਾ ਪੂਰੀ ਕੀਤੀ ਹੈ, ਸੇਵਕਾਂ ਵਾਂਗ ਉਸ ਦੀ ਸੇਵਾ-ਭਗਤੀ ਕਰਦਾ ਰਹੁ । ਹੇ ਦਾਸ ਨਾਨਕ! (ਆਖ—) ਮੈਂ ਉਸ ਪ੍ਰਭੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ (ਵਿਘਨਾਂ ਦੇ ਟਾਕਰੇ ਤੇ ਹਰ ਵੇਲੇ) ਪੂਰੇ ਤੌਰ ਤੇ ਇੱਜ਼ਤ ਰੱਖੀ ਹੈ ।੪।੧੪।੨੫।

ਸੋਰਠਿ ਮਹਲਾ ੫ ॥ ਮਾਇਆ ਮੋਹ ਮਗਨੁ ਅੰਧਿਆਰੈ ਦੇਵਨਹਾਰੁ ਨ ਜਾਨੈ ॥ ਜੀਉ ਪਿੰਡੁ ਸਾਜਿ ਜਿਨਿ ਰਚਿਆ ਬਲੁ ਅਪੁਨੋ ਕਰਿ ਮਾਨੈ ॥੧॥ ਮਨ ਮੂੜੇ ਦੇਖਿ ਰਹਿਓ ਪ੍ਰਭ ਸੁਆਮੀ ॥ ਜੋ ਕਿਛੁ ਕਰਹਿ ਸੋਈ ਸੋਈ ਜਾਣੈ ਰਹੈ ਨ ਕਛੂਐ ਛਾਨੀ ॥ ਰਹਾਉ ॥ ਜਿਹਵਾ ਸੁਆਦ ਲੋਭ ਮਦਿ ਮਾਤੋ ਉਪਜੇ ਅਨਿਕ ਬਿਕਾਰਾ ॥ ਬਹੁਤੁ ਜੋਨਿ ਭਰਮਤ ਦੁਖੁ ਪਾਇਆ ਹਉਮੈ ਬੰਧਨ ਕੇ ਭਾਰਾ ॥੨॥ ਦੇਇ ਕਿਵਾੜ ਅਨਿਕ ਪੜਦੇ ਮਹਿ ਪਰ ਦਾਰਾ ਸੰਗਿ ਫਾਕੈ ॥ ਚਿਤ੍ਰ ਗੁਪਤੁ ਜਬ ਲੇਖਾ ਮਾਗਹਿ ਤਬ ਕਉਣੁ ਪੜਦਾ ਤੇਰਾ ਢਾਕੈ ॥੩॥ ਦੀਨ ਦਇਆਲ ਪੂਰਨ ਦੁਖ ਭੰਜਨ ਤੁਮ ਬਿਨੁ ਓਟ ਨ ਕਾਈ ॥ ਕਾਢਿ ਲੇਹੁ ਸੰਸਾਰ ਸਾਗਰ ਮਹਿ ਨਾਨਕ ਪ੍ਰਭ ਸਰਣਾਈ ॥੪॥੧੫॥੨੬॥ {ਪੰਨਾ 616}

ਪਦਅਰਥ:– ਮਗਨੁ—ਮਸਤ । ਅੰਧਿਆਰੈ—ਹਨੇਰੇ ਵਿਚ । ਨ ਜਾਨੈ—ਡੂੰਘੀ ਸਾਂਝ ਨਹੀਂ ਪਾਂਦਾ । ਜੀਉ—ਜਿੰਦ । ਪਿੰਡੁ—ਸਰੀਰ । ਸਾਜਿ—ਬਣਾ ਕੇ । ਰਚਿਆ—ਪੈਦਾ ਕੀਤਾ । ਮਾਨੈ—ਮੰਨਦਾ ਹੈ ।੧।

ਮਨ—ਹੇ ਮਨ! ਮੂੜੇ—ਹੇ ਮੂਰਖ! ਕਰਹਿ—ਤੂੰ ਕਰਦਾ ਹੈਂ । ਕਛੂਐ—ਕੋਈ ਕਰਤੂਤ । ਛਾਨੀ—ਲੁਕੀ ।ਰਹਾਉ।

ਮਦਿ—ਨਸ਼ੇ ਵਿਚ । ਮਾਤੋ—ਮਸਤ । ਉਪਜੇ—ਪੈਦਾ ਹੋ ਗਏ । ਭਰਮਤ—ਭਟਕਦਿਆਂ । ਬੰਧਨ—ਜ਼ੰਜੀਰ ।੨।

ਦੇਇ—ਦੇ ਕੇ । ਦੇਇ ਕਿਵਾੜ—ਦਰਵਾਜ਼ੇ ਬੰਦ ਕਰ ਕੇ । ਦਾਰਾ—ਇਸਤ੍ਰੀ । ਸੰਗਿ—ਨਾਲ । ਫਾਕੈ—

ਕੁਕਰਮ ਕਰਦਾ ਹੈ । ਚਿਤ੍ਰ ਗੁਪਤੁ—(ਧਰਮਰਾਜ ਦੇ ਮੁਨਸ਼ੀ) । ਮਾਗਹਿ—ਮੰਗਦੇ ਹਨ, ਮੰਗਣਗੇ ।੩।

ਦੁਖ ਭੰਜਨ—ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਓਟ—ਆਸਰਾ । ਸਾਗਰ—ਸਮੁੰਦਰ ।੪।

ਅਰਥ:- ਹੇ ਮੂਰਖ ਮਨ! ਮਾਲਕ ਪ੍ਰਭੂ (ਤੇਰੀਆਂ ਸਾਰੀਆਂ ਕਰਤੂਤਾਂ ਨੂੰ ਹਰ ਵੇਲੇ) ਵੇਖ ਰਿਹਾ ਹੈ । ਤੂੰ ਜੋ ਕੁਝ ਕਰਦਾ ਹੈਂ, (ਮਾਲਕ-ਪ੍ਰਭੂ) ਉਹੀ ਉਹੀ ਜਾਣ ਲੈਂਦਾ ਹੈ, (ਉਸ ਪਾਸੋਂ ਤੇਰੀ) ਕੋਈ ਭੀ ਕਰਤੂਤ ਲੁਕੀ ਨਹੀਂ ਰਹਿ ਸਕਦੀ ।ਰਹਾਉ।

ਹੇ ਭਾਈ! ਜਿਸ ਪਰਮਾਤਮਾ ਨੇ ਸਰੀਰ ਜਿੰਦ ਬਣਾ ਕੇ ਜੀਵ ਨੂੰ ਪੈਦਾ ਕੀਤਾ ਹੋਇਆ ਹੈ, ਉਸ ਸਭ ਦਾਤਾਂ ਦੇਣ ਵਾਲੇ ਪ੍ਰਭੂ ਨਾਲ ਜੀਵ ਡੂੰਘੀ ਸਾਂਝ ਨਹੀਂ ਪਾਂਦਾ । ਮਾਇਆ ਦੇ ਮੋਹ ਦੇ (ਆਤਮਕ) ਹਨੇਰੇ ਵਿਚ ਮਸਤ ਰਹਿ ਕੇ ਆਪਣੀ ਤਾਕਤ ਨੂੰ ਹੀ ਵੱਡੀ ਸਮਝਦਾ ਹੈ ।੧।

ਹੇ ਭਾਈ! ਮਨੁੱਖ ਜੀਭ ਦੇ ਸੁਆਦਾਂ ਵਿਚ, ਲੋਭ ਦੇ ਨਸ਼ੇ ਵਿਚ ਮਸਤ ਰਹਿੰਦਾ ਹੈ (ਜਿਸ ਕਰਕੇ ਇਸ ਦੇ ਅੰਦਰ) ਅਨੇਕਾਂ ਵਿਕਾਰ ਪੈਦਾ ਹੋ ਜਾਂਦੇ ਹਨ, ਮਨੁੱਖ ਹਉਮੈ ਦੀਆਂ ਜ਼ੰਜੀਰਾਂ ਦੇ ਭਾਰ ਹੇਠ ਦਬ ਜਾਂਦਾ ਹੈ, ਬਹੁਤ ਜੂਨਾਂ ਵਿਚ ਭਟਕਦਾ ਫਿਰਦਾ ਹੈ, ਤੇ, ਦੁੱਖ ਸਹਾਰਦਾ ਰਹਿੰਦਾ ਹੈ ।੨।

(ਮਾਇਆ ਦੇ ਮੋਹ ਦੇ ਹਨੇਰੇ ਵਿਚ ਫਸਿਆ ਮਨੁੱਖ) ਦਰਵਾਜ਼ੇ ਬੰਦ ਕਰਕੇ ਅਨੇਕਾਂ ਪਰਦਿਆਂ ਦੇ ਪਿੱਛੇ ਪਰਾਈ ਇਸਤ੍ਰੀ ਨਾਲ ਕੁਕਰਮ ਕਰਦਾ ਹੈ । (ਪਰ, ਹੇ ਭਾਈ!) ਜਦੋਂ (ਧਰਮ ਰਾਜ ਦੇ ਦੂਤ) ਚਿੱਤ੍ਰ ਅਤੇ ਗੁਪਤ (ਤੇਰੀਆਂ ਕਰਤੂਤਾਂ ਦਾ) ਹਿਸਾਬ ਮੰਗਣਗੇ, ਤਦੋਂ ਕੋਈ ਭੀ ਤੇਰੀਆਂ ਕਰਤੂਤਾਂ ਉਤੇ ਪਰਦਾ ਨਹੀਂ ਪਾ ਸਕੇਗਾ ।੩।

ਹੇ ਨਾਨਕ! (ਆਖ—) ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਸਰਬ-ਵਿਆਪਕ! ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਤੈਥੋਂ ਬਿਨਾ ਹੋਰ ਕੋਈ ਆਸਰਾ ਨਹੀਂ ਹੈ । ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ । ਸੰਸਾਰ-ਸਮੁੰਦਰ ਵਿਚ (ਡੁੱਬਦੇ ਨੂੰ ਮੈਨੂੰ ਬਾਂਹ ਫੜ ਕੇ) ਕੱਢ ਲੈ ।੪।੧੫।੨੬।

ਸੋਰਠਿ ਮਹਲਾ ੫ ॥ ਪਾਰਬ੍ਰਹਮੁ ਹੋਆ ਸਹਾਈ ਕਥਾ ਕੀਰਤਨੁ ਸੁਖਦਾਈ ॥ ਗੁਰ ਪੂਰੇ ਕੀ ਬਾਣੀ ਜਪਿ ਅਨਦੁ ਕਰਹੁ ਨਿਤ ਪ੍ਰਾਣੀ ॥੧॥ ਹਰਿ ਸਾਚਾ ਸਿਮਰਹੁ ਭਾਈ ॥ ਸਾਧਸੰਗਿ ਸਦਾ ਸੁਖੁ ਪਾਈਐ ਹਰਿ ਬਿਸਰਿ ਨ ਕਬਹੂ ਜਾਈ ॥ ਰਹਾਉ ॥ ਅੰਮ੍ਰਿਤ ਨਾਮੁ ਪਰਮੇਸਰੁ ਤੇਰਾ ਜੋ ਸਿਮਰੈ ਸੋ ਜੀਵੈ ॥ ਜਿਸ ਨੋ ਕਰਮਿ ਪਰਾਪਤਿ ਹੋਵੈ ਸੋ ਜਨੁ ਨਿਰਮਲੁ ਥੀਵੈ ॥੨॥ ਬਿਘਨ ਬਿਨਾਸਨ ਸਭਿ ਦੁਖ ਨਾਸਨ ਗੁਰ ਚਰਣੀ ਮਨੁ ਲਾਗਾ ॥ ਗੁਣ ਗਾਵਤ ਅਚੁਤ ਅਬਿਨਾਸੀ ਅਨਦਿਨੁ ਹਰਿ ਰੰਗਿ ਜਾਗਾ ॥੩॥ ਮਨ ਇਛੇ ਸੇਈ ਫਲ ਪਾਏ ਹਰਿ ਕੀ ਕਥਾ ਸੁਹੇਲੀ ॥ ਆਦਿ ਅੰਤਿ ਮਧਿ ਨਾਨਕ ਕਉ ਸੋ ਪ੍ਰਭੁ ਹੋਆ ਬੇਲੀ ॥੪॥੧੬॥੨੭॥ {ਪੰਨਾ 616}

ਪਦਅਰਥ:- ਸਹਾਈ—ਮਦਦਗਾਰ । ਸੁਖਦਾਈ—ਸੁਖ ਦੇਣ ਵਾਲਾ, ਆਤਮਕ ਆਨੰਦ ਦੇਣ ਵਾਲਾ । ਜਪਿ—ਜਪ ਕੇ, ਪੜ੍ਹ ਕੇ । ਅਨਦੁ ਕਰਹੁ—ਆਤਮਕ ਆਨੰਦ ਮਾਣੋ । ਪ੍ਰਾਣੀ—ਹੇ ਪ੍ਰਾਣੀ! ।੧।

ਸਾਚਾ—ਸਦਾ ਕਾਇਮ ਰਹਿਣ ਵਾਲਾ । ਭਾਈ—ਹੇ ਭਾਈ! ਸਾਧ ਸੰਗਿ—ਸਾਧ ਸੰਗਤਿ ਵਿਚ । ਬਿਸਰਿ ਨ ਜਾਈ—ਭੁੱਲਦਾ ਨਹੀਂ ।ਰਹਾਉ।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਜੀਵੈ—ਆਤਮਕ ਜੀਵਨ ਹਾਸਲ ਕਰ ਲੈਂਦਾ ਹੈ । ਕਰਮਿ—(ਤੇਰੀ)

ਬਖ਼ਸ਼ਸ਼ ਨਾਲ । ਨਿਰਮਲੁ—ਪਵਿੱਤਰ ਜੀਵਨ ਵਾਲਾ । ਥੀਵੈ—ਹੋ ਜਾਂਦਾ ਹੈ ।੨।

ਬਿਘਨ—ਰੁਕਾਵਟਾਂ । ਸਭਿ—ਸਾਰੇ । ਚਰਣੀ—ਚਰਨਾਂ ਵਿਚ । ਅਚੁਤ—ਅੱਚੁਤ, ਨਾਹ ਨਾਸ ਹੋਣ ਵਾਲਾ । ਅਨਦਿਨੁ—ਹਰ ਰੋਜ਼, ਹਰ ਵੇਲੇ । ਜਾਗਾ—(ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ ।੩।

ਸੁਹੇਲੀ—ਸੁਖ ਦੇਣ ਵਾਲੀ । ਆਦਿ ਅੰਤਿ ਮਧਿ—ਸ਼ੁਰੂ ਵਿਚ, ਅਖ਼ੀਰ ਵਿਚ, ਵਿਚਕਾਰ, ਹਰ ਵੇਲੇ । ਬੇਲੀ—ਮਦਦਗਾਰ ।੪।

ਅਰਥ:- ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਸਿਮਰਨ ਕਰਦੇ ਰਿਹਾ ਕਰੋ, (ਸਿਮਰਨ ਦੀ ਬਰਕਤਿ ਨਾਲ) ਸਾਧ ਸੰਗਤਿ ਵਿਚ ਸਦਾ ਆਤਮਕ ਆਨੰਦ ਮਾਣੀਦਾ ਹੈ, ਤੇ, ਪਰਮਾਤਮਾ ਕਦੇ ਭੁੱਲਦਾ ਨਹੀਂ ।ਰਹਾਉ।

ਹੇ ਪ੍ਰਾਣੀ! ਪੂਰੇ ਗੁਰੂ ਦੀ (ਸਿਫ਼ਤਿ-ਸਾਲਾਹ ਦੀ) ਬਾਣੀ ਸਦਾ ਪੜ੍ਹਿਆ ਕਰ, ਤੇ, ਆਤਮਕ ਆਨੰਦ ਮਾਣਿਆ ਕਰ । (ਜੇਹੜਾ ਮਨੁੱਖ ਸਤਿਗੁਰੂ ਦੀ ਬਾਣੀ ਨਾਲ ਪਿਆਰ ਬਣਾਂਦਾ ਹੈ) ਪਰਮਾਤਮਾ (ਉਸ ਦਾ) ਮਦਦਗਾਰ ਬਣ ਜਾਂਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ (ਉਸ ਦੇ ਅੰਦਰ) ਆਤਮਕ ਆਨੰਦ ਪੈਦਾ ਕਰਦੀ ਹੈ ।੧।

ਹੇ ਸਭ ਤੋਂ ਉੱਚੇ ਮਾਲਕ! (ਪਰਮੇਸਰ!) ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ । ਜੇਹੜਾ ਮਨੁੱਖ ਤੇਰਾ ਨਾਮ ਸਿਮਰਦਾ ਹੈ ਉਹ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ । ਜਿਸ ਮਨੁੱਖ ਨੂੰ ਤੇਰੀ ਮੇਹਰ ਨਾਲ (ਹੇ ਪਰਮੇਸਰ!) ਤੇਰਾ ਨਾਮ ਹਾਸਲ ਹੁੰਦਾ ਹੈ, ਉਹ ਮਨੁੱਖ ਪਵਿੱਤ੍ਰ ਜੀਵਨ ਵਾਲਾ ਬਣ ਜਾਂਦਾ ਹੈ ।੨।

(ਹੇ ਭਾਈ! ਗੁਰੂ ਦੇ ਚਰਨ ਆਤਮਕ ਜੀਵਨ ਦੇ ਰਾਹ ਵਿਚੋਂ ਸਾਰੀਆਂ) ਰੁਕਾਵਟਾਂ ਨਾਸ ਕਰਨ ਵਾਲੇ ਹਨ, ਸਾਰੇ ਦੁੱਖ ਦੂਰ ਕਰਨ ਵਾਲੇ ਹਨ, ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਪਰਚਦਾ ਹੈ, ਉਹ ਮਨੁੱਖ ਹਰ ਵੇਲੇ ਅਬਿਨਾਸੀ ਤੇ ਅਟੱਲ ਪਰਮਾਤਮਾ ਦੇ ਗੁਣ ਗਾਂਦਾ ਗਾਂਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਲੀਨ ਹੋ ਕੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ ।੩।

ਹੇ ਭਾਈ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਆਤਮਕ ਆਨੰਦ ਦੇਣ ਵਾਲੀ ਹੈ (ਸਿਫ਼ਤਿ-ਸਾਲਾਹ ਕਰਨ ਵਾਲਾ ਮਨੁੱਖ) ਉਹੀ ਫਲ ਪ੍ਰਾਪਤ ਕਰ ਲੈਂਦਾ ਹੈ ਜਿਨ੍ਹਾਂ ਦੀ ਕਾਮਨਾ ਉਸ ਦਾ ਮਨ ਕਰਦਾ ਹੈ । ਹੇ ਭਾਈ! (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਪਰਮਾਤਮਾ ਨਾਨਕ ਵਾਸਤੇ ਸਦਾ ਦਾ ਮਦਦਗਾਰ ਬਣ ਗਿਆ ਹੈ ।੪।੧੬।੨੭।

ਸੋਰਠਿ ਮਹਲਾ ੫ ਪੰਚਪਦਾ ॥ ਬਿਨਸੈ ਮੋਹੁ ਮੇਰਾ ਅਰੁ ਤੇਰਾ ਬਿਨਸੈ ਅਪਨੀ ਧਾਰੀ ॥੧॥ ਸੰਤਹੁ ਇਹਾ ਬਤਾਵਹੁ ਕਾਰੀ ॥ ਜਿਤੁ ਹਉਮੈ ਗਰਬੁ ਨਿਵਾਰੀ ॥੧॥ ਰਹਾਉ ॥ ਸਰਬ ਭੂਤ ਪਾਰਬ੍ਰਹਮੁ ਕਰਿ ਮਾਨਿਆ ਹੋਵਾਂ ਸਗਲ ਰੇਨਾਰੀ ॥੨॥ ਪੇਖਿਓ ਪ੍ਰਭ ਜੀਉ ਅਪੁਨੈ ਸੰਗੇ ਚੂਕੈ ਭੀਤਿ ਭ੍ਰਮਾਰੀ ॥੩॥ ਅਉਖਧੁ ਨਾਮੁ ਨਿਰਮਲ ਜਲੁ ਅੰਮ੍ਰਿਤੁ ਪਾਈਐ ਗੁਰੂ ਦੁਆਰੀ ॥੪॥ ਕਹੁ ਨਾਨਕ ਜਿਸੁ ਮਸਤਕਿ ਲਿਖਿਆ ਤਿਸੁ ਗੁਰ ਮਿਲਿ ਰੋਗ ਬਿਦਾਰੀ ॥੫॥੧੭॥੨੮॥ {ਪੰਨਾ 616}

ਨੋਟ—ਪੰਚਪਦਾ—ਪੰਜ 'ਬੰਦਾਂ' ਵਾਲਾ ਸ਼ਬਦ ।

ਪਦਅਰਥ:- ਬਿਨਸੈ—ਮੁੱਕ ਜਾਏ । ਮੇਰਾ ਅਰੁ ਤੇਰਾ—ਮੇਰ-ਤੇਰ ਵਾਲਾ ਵਿਤਕਰਾ । ਅਪਨੀ ਧਾਰੀ—ਅਪਣੱਤ, ਮਾਇਆ ਨਾਲ ਪਕੜ ।੧।

ਇਹਾ—ਇਹੋ ਜਿਹੀ । ਕਾਰੀ—ਇਲਾਜ । ਜਿਤੁ—ਜਿਸ ਨਾਲ । ਗਰਬੁ—ਅਹੰਕਾਰ । ਨਿਵਾਰੀ—ਨਿਵਾਰੀਂ,

ਮੈਂ ਦੂਰ ਕਰ ਲਵਾਂ ।ਰਹਾਉ।

ਭੂਤ—ਜੀਵ । ਮਾਨਿਆ—ਮੰਨਿਆ ਜਾ ਸਕੇ । ਰੇਨਾਰੀ—ਚਰਨ-ਧੂੜ ।੨।

ਪੇਖਿਓ—ਵੇਖਿਆ ਜਾ ਸਕੇ । ਚੂਕੈ—ਮੁੱਕ ਜਾਏ । ਭੀਤਿ—ਕੰਧ । ਭ੍ਰਮਾਰੀ—ਭਟਕਣਾ ਦੀ ।੩।

ਅਉਖਧੁ—ਦਵਾਈ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ । ਦੁਆਰੀ—ਦਰ ਤੇ ।੪।

ਜਿਸੁ ਮਸਤਕਿ—ਜਿਸ (ਮਨੁੱਖ) ਦੇ ਮੱਥੇ ਉਤੇ । ਤਿਸੁ ਰੋਗ—ਉਸ ਦੇ ਰੋਗ । ਗੁਰ ਮਿਲਿ—ਗੁਰੂ ਨੂੰ ਮਿਲ ਕੇ । ਬਿਦਾਰੀ—ਦੂਰ ਕੀਤੇ ਜਾਂਦੇ ਹਨ ।੫।

ਅਰਥ:- ਹੇ ਸੰਤ ਜਨੋ! (ਮੈਨੂੰ ਕੋਈ) ਇਹੋ ਜਿਹਾ ਇਲਾਜ ਦੱਸੋ, ਜਿਸ ਨਾਲ ਮੈਂ (ਆਪਣਾ ਅੰਦਰੋਂ) ਹਉਮੈ ਅਹੰਕਾਰ ਦੂਰ ਕਰ ਸਕਾਂ, ।ਰਹਾਉ।;

(ਜਿਸ ਇਲਾਜ ਨਾਲ ਮੇਰੇ ਅੰਦਰੋਂ) ਮੋਹ ਨਾਸ ਹੋ ਜਾਏ, ਮੇਰ-ਤੇਰ ਵਾਲਾ ਵਿਤਕਰਾ ਦੂਰ ਹੋ ਜਾਏ, ਮੇਰੀ ਮਾਇਆ-ਨਾਲ-ਪਕੜ ਖ਼ਤਮ ਹੋ ਜਾਏ ।੧।;

(ਜਿਸ ਇਲਾਜ ਨਾਲ) ਪਰਮਾਤਮਾ ਸਾਰੇ ਜੀਵਾਂ ਵਿਚ ਵੱਸਦਾ ਮੰਨਿਆ ਜਾ ਸਕੇ, ਤੇ, ਮੈਂ ਸਭਨਾਂ ਦੀ ਚਰਨ-ਧੂੜ ਬਣਿਆ ਰਹਾਂ ।੨।;

(ਜਿਸ ਇਲਾਜ ਨਾਲ) ਪਰਮਾਤਮਾ ਆਪਣੇ ਅੰਗ-ਸੰਗ ਵੇਖਿਆ ਜਾ ਸਕੇ, ਤੇ, (ਮੇਰੇ ਅੰਦਰੋਂ) ਮਾਇਆ ਦੀ ਖ਼ਾਤਰ ਭਟਕਣਾ ਵਾਲੀ ਕੰਧ ਦੂਰ ਹੋ ਜਾਏ (ਜੋ ਪਰਮਾਤਮਾ ਨਾਲੋਂ ਵਿੱਥ ਪਾ ਰਹੀ ਹੈ) ।੩।

(ਹੇ ਭਾਈ!) ਉਹ ਦਵਾਈ ਤਾਂ ਪਰਮਾਤਮਾ ਦਾ ਨਾਮ ਹੀ ਹੈ, ਆਤਮਕ ਜੀਵਨ ਦੇਣ ਵਾਲਾ ਪਵਿਤ੍ਰ ਨਾਮ-ਜਲ ਹੀ ਹੈ । ਇਹ ਨਾਮ ਗੁਰੂ ਦੇ ਦਰ ਤੋਂ ਮਿਲਦਾ ਹੈ ।੪।

ਹੇ ਨਾਨਕ! ਆਖ—ਜਿਸ ਮਨੁੱਖ ਦੇ ਮੱਥੇ ਉੱਤੇ (ਨਾਮ ਦੀ ਪ੍ਰਾਪਤੀ ਦਾ ਲੇਖ) ਲਿਖਿਆ ਹੋਵੇ, (ਉਸ ਨੂੰ ਗੁਰੂ ਪਾਸੋਂ ਮਿਲਦਾ ਹੈ), ਗੁਰੂ ਨੂੰ ਮਿਲ ਕੇ ਉਸ ਦੇ ਰੋਗ ਕੱਟੇ ਜਾਂਦੇ ਹਨ ।੫।੧੭।੨੮।

ਸੋਰਠਿ ਮਹਲਾ ੫ ਘਰੁ ੨ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਸਗਲ ਬਨਸਪਤਿ ਮਹਿ ਬੈਸੰਤਰੁ ਸਗਲ ਦੂਧ ਮਹਿ ਘੀਆ ॥ ਊਚ ਨੀਚ ਮਹਿ ਜੋਤਿ ਸਮਾਣੀ ਘਟਿ ਘਟਿ ਮਾਧਉ ਜੀਆ ॥੧॥ ਸੰਤਹੁ ਘਟਿ ਘਟਿ ਰਹਿਆ ਸਮਾਹਿਓ ॥ ਪੂਰਨ ਪੂਰਿ ਰਹਿਓ ਸਰਬ ਮਹਿ ਜਲਿ ਥਲਿ ਰਮਈਆ ਆਹਿਓ ॥੧॥ ਰਹਾਉ ॥ ਗੁਣ ਨਿਧਾਨ ਨਾਨਕੁ ਜਸੁ ਗਾਵੈ ਸਤਿਗੁਰਿ ਭਰਮੁ ਚੁਕਾਇਓ ॥ ਸਰਬ ਨਿਵਾਸੀ ਸਦਾ ਅਲੇਪਾ ਸਭ ਮਹਿ ਰਹਿਆ ਸਮਾਇਓ ॥੨॥੧॥੨੯॥ {ਪੰਨਾ 617}

ਨੋਟ:- ਦੁਪਦੇ—ਦੋ ਪਦਾਂ ਵਾਲੇ, ਦੋ ਬੰਦਾਂ ਵਾਲੇ ।

ਪਦਅਰਥ:- ਸਗਲ ਬਨਸਪਤਿ—ਸਾਰੀ ਬਨਸਪਤੀ, ਸਾਰੇ ਬੂਟੇ । ਬੈਸੰਤਰੁ—ਅੱਗ । ਘੀਆ—ਘਿਓ । ਸਮਾਣੀ—ਸਮਾਈ ਹੋਈ ਹੈ । ਘਟਿ ਘਟਿ—ਹਰੇਕ ਸਰੀਰ ਵਿਚ । ਮਾਧਉ—ਮਾਧਵ, ਮਾਇਆ ਦਾ ਪਤੀ; ਪਰਮਾਤਮਾ । ਜੀਆ—ਸਭ ਜੀਵਾਂ ਵਿਚ ।੧।

ਰਹਿਆ ਸਮਾਹਿਓ—ਸਮਾ ਰਿਹਾ ਹੈ । ਪੂਰਨ—ਪੂਰੇ ਤੌਰ ਤੇ । ਜਲਿ—ਪਾਣੀ ਵਿਚ । ਆਹਿਓ—ਹੈ ।੧।ਰਹਾਉ।

ਗੁਣ ਨਿਧਾਨ ਜਸੁ—ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦਾ ਜਸ । ਸਤਿਗੁਰਿ—ਗੁਰੂ ਨੇ । ਭਰਮੁ—ਭੁਲੇਖਾ । ਚੁਕਾਇਓ—ਦੂਰ ਕਰ ਦਿੱਤਾ ਹੈ । ਅਲੇਪਾ—ਨਿਰਲੇਪ ।੨।

ਅਰਥ:- ਹੇ ਸੰਤ ਜਨੋ! ਪਰਮਾਤਮਾ ਹਰੇਕ ਸਰੀਰ ਵਿਚ ਮੌਜੂਦ ਹੈ । ਉਹ ਪੂਰੀ ਤਰ੍ਹਾਂ ਸਾਰੇ ਜੀਵਾਂ ਵਿਚ ਵਿਆਪਕ ਹੈ, ਉਹ ਸੋਹਣਾ ਰਾਮ ਪਾਣੀ ਵਿਚ ਹੈ ਧਰਤੀ ਵਿਚ ਹੈ ।੧।ਰਹਾਉ।

ਹੇ ਭਾਈ! ਜਿਵੇਂ ਸਭ ਬੂਟਿਆਂ ਵਿਚ ਅੱਗ (ਗੁਪਤ ਮੌਜੂਦ) ਹੈ, ਜਿਵੇਂ ਹਰੇਕ ਕਿਸਮ ਦੇ ਦੁੱਧ ਵਿਚ ਘਿਉ (ਮੱਖਣ) ਗੁਪਤ ਮੌਜੂਦ ਹੈ, ਤਿਵੇਂ ਚੰਗੇ ਮੰਦੇ ਸਭ ਜੀਵਾਂ ਵਿਚ ਪ੍ਰਭੂ ਦੀ ਜੋਤਿ ਸਮਾਈ ਹੋਈ ਹੈ, ਪਰਮਾਤਮਾ ਹਰੇਕ ਸਰੀਰ ਵਿਚ ਹੈ, ਸਭ ਜੀਵਾਂ ਵਿਚ ਹੈ ।੧।

ਹੇ ਭਾਈ! ਨਾਨਕ (ਉਸ) ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਹੈ । ਗੁਰੂ ਨੇ (ਨਾਨਕ ਦਾ) ਭੁਲੇਖਾ ਦੂਰ ਕਰ ਦਿੱਤਾ ਹੈ (ਤਾਂਹੀਏਂ ਨਾਨਕ ਨੂੰ ਯਕੀਨ ਹੈ ਕਿ) ਪਰਮਾਤਮਾ ਸਭ ਜੀਵਾਂ ਵਿਚ ਵੱਸਦਾ ਹੈ (ਫਿਰ ਭੀ) ਸਦਾ (ਮਾਇਆ ਦੇ ਮੋਹ ਤੋਂ) ਨਿਰਲੇਪ ਹੈ, ਸਭ ਜੀਵਾਂ ਵਿਚ ਸਮਾ ਰਿਹਾ ਹੈ ।੨।੧।੨੯।

ਸੋਰਠਿ ਮਹਲਾ ੫ ॥ ਜਾ ਕੈ ਸਿਮਰਣਿ ਹੋਇ ਅਨੰਦਾ ਬਿਨਸੈ ਜਨਮ ਮਰਣ ਭੈ ਦੁਖੀ ॥ ਚਾਰਿ ਪਦਾਰਥ ਨਵ ਨਿਧਿ ਪਾਵਹਿ ਬਹੁਰਿ ਨ ਤ੍ਰਿਸਨਾ ਭੁਖੀ ॥੧॥ ਜਾ ਕੋ ਨਾਮੁ ਲੈਤ ਤੂ ਸੁਖੀ ॥ ਸਾਸਿ ਸਾਸਿ ਧਿਆਵਹੁ ਠਾਕੁਰ ਕਉ ਮਨ ਤਨ ਜੀਅਰੇ ਮੁਖੀ ॥੧॥ ਰਹਾਉ ॥ ਸਾਂਤਿ ਪਾਵਹਿ ਹੋਵਹਿ ਮਨ ਸੀਤਲ ਅਗਨਿ ਨ ਅੰਤਰਿ ਧੁਖੀ ॥ ਗੁਰ ਨਾਨਕ ਕਉ ਪ੍ਰਭੂ ਦਿਖਾਇਆ ਜਲਿ ਥਲਿ ਤ੍ਰਿਭਵਣਿ ਰੁਖੀ ॥੨॥੨॥੩੦॥ {ਪੰਨਾ 617}

ਪਦਅਰਥ:- ਜਾ ਕੈ ਸਿਮਰਣਿ—ਜਿਸ (ਪ੍ਰਭੂ) ਦੇ ਸਿਮਰਨ ਦੀ ਰਾਹੀਂ । ਭੈ {ਲਫ਼ਜ਼ 'ਭਉ' ਤੋਂ ਬਹੁ-ਵਚਨ} । ਦੁਖੀ—ਦੁੱਖ ਭੀ । ਨਵਨਿਧਿ—(ਧਰਤੀ ਦੇ ਸਾਰੇ) ਨੌ ਖ਼ਜ਼ਾਨੇ । ਪਾਵਹਿ—ਤੂੰ ਪ੍ਰਾਪਤ ਕਰ ਸਕਦਾ ਹੈਂ । ਬਹੁਰਿ—ਮੁੜ । ਤ੍ਰਿਸਨਾ—ਤ੍ਰੇਹ । ਭੁਖੀ—ਭੁੱਖ ।੧।

ਕੋ—ਦਾ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਕਉ—ਨੂੰ । ਜੀਅ ਰੇ—ਹੇ ਜੀਵ! ਮੁਖੀ—ਮੁਖਿ, ਮੂੰਹ ਨਾਲ ।੧।ਰਹਾਉ।

ਹੋਵਹਿ—ਤੂੰ ਹੋ ਜਾਏਂਗਾ । ਅੰਤਰਿ—(ਤੇਰੇ) ਅੰਦਰ । ਧੁਖੀ—ਧੁਖਦੀ । ਗੁਰ—ਗੁਰੂ ਨੇ । ਜਲਿ—ਜਲ ਵਿਚ । ਥਲਿ—ਧਰਤੀ ਵਿਚ । ਤ੍ਰਿਭਵਣਿ—ਸਾਰੇ ਸੰਸਾਰ ਵਿਚ, ਤਿੰਨਾਂ ਭਵਨਾਂ ਵਾਲੇ ਜਗਤ ਵਿਚ । ਰੁਖੀ—ਰੁੱਖਾਂ ਵਿਚ ।੨।

ਅਰਥ:- ਹੇ ਜੀਵ! ਜਿਸ ਪਰਮਾਤਮਾ ਦਾ ਨਾਮ ਸਿਮਰਿਆਂ ਤੂੰ ਸੁਖੀ ਹੋ ਸਕਦਾ ਹੈਂ, ਉਸ ਪਾਲਣਹਾਰ ਪ੍ਰਭੂ ਨੂੰ ਤੂੰ ਆਪਣੇ ਮਨੋ ਤਨੋ ਮੂੰਹ ਨਾਲ ਹਰੇਕ ਸਾਹ ਦੇ ਨਾਲ ਸਿਮਰਿਆ ਕਰ ।੧।ਰਹਾਉ।

ਹੇ ਭਾਈ! ਜਿਸ ਪ੍ਰਭੂ ਦੇ ਸਿਮਰਨ ਨਾਲ ਤੂੰ ਖ਼ੁਸ਼ੀ-ਭਰਿਆ ਜੀਵਨ ਜੀਊ ਸਕਦਾ ਹੈਂ ਤੇਰੇ ਜਨਮ ਮਰਨ ਦੇ ਸਾਰੇ ਡਰ ਤੇ ਦੁੱਖ ਦੂਰ ਹੋ ਸਕਦੇ ਹਨ, ਤੂੰ (ਧਰਮ ਅਰਥ ਕਾਮ ਮੋਖ) ਚਾਰੇ ਪਦਾਰਥ ਤੇ ਦੁਨੀਆ ਦੇ ਨੌ ਹੀ ਖ਼ਜ਼ਾਨੇ ਹਾਸਲ ਕਰ ਸਕਦਾ ਹੈਂ, (ਜਿਸ ਦੇ ਸਿਮਰਨ ਨਾਲ) ਤੈਨੂੰ ਮਾਇਆ ਦੀ ਤ੍ਰੇਹ ਭੁੱਖ ਫਿਰ ਨਹੀਂ ਵਿਆਪੇਗੀ (ਉਸ ਦਾ ਸਿਮਰਨ ਹਰੇਕ ਸਾਹ ਦੇ ਨਾਲ ਕਰਦਾ ਰਹੁ) ।੧।

(ਹੇ ਭਾਈ! ਸਿਮਰਨ ਦੀ ਬਰਕਤਿ ਨਾਲ) ਤੂੰ ਸ਼ਾਂਤੀ ਹਾਸਲ ਕਰ ਲਏਂਗਾ, ਤੂੰ ਅੰਤਰ-ਆਤਮੇ ਠੰਢਾ-ਠਾਰ ਹੋ ਜਾਏਂਗਾ, ਤੇਰੇ ਅੰਦਰ ਤ੍ਰਿਸ਼ਨਾ ਦੀ ਅੱਗ ਨਹੀਂ ਧੁਖੇਗੀ । ਹੇ ਭਾਈ! ਗੁਰੂ ਨੇ (ਮੈਨੂੰ) ਨਾਨਕ ਨੂੰ ਉਹ ਪਰਮਾਤਮਾ ਪਾਣੀ ਵਿਚ ਧਰਤੀ ਵਿਚ ਰੁੱਖਾਂ ਵਿਚ ਸਾਰੇ ਸੰਸਾਰ ਵਿਚ (ਵੱਸਦਾ) ਵਿਖਾ ਦਿੱਤਾ ਹੈ ।੨।੨।੩੦।

ਸੋਰਠਿ ਮਹਲਾ ੫ ॥ ਕਾਮ ਕ੍ਰੋਧ ਲੋਭ ਝੂਠ ਨਿੰਦਾ ਇਨ ਤੇ ਆਪਿ ਛਡਾਵਹੁ ॥ ਇਹ ਭੀਤਰ ਤੇ ਇਨ ਕਉ ਡਾਰਹੁ ਆਪਨ ਨਿਕਟਿ ਬੁਲਾਵਹੁ ॥੧॥ ਅਪੁਨੀ ਬਿਧਿ ਆਪਿ ਜਨਾਵਹੁ ॥ ਹਰਿ ਜਨ ਮੰਗਲ ਗਾਵਹੁ ॥੧॥ ਰਹਾਉ ॥ ਬਿਸਰੁ ਨਾਹੀ ਕਬਹੂ ਹੀਏ ਤੇ ਇਹ ਬਿਧਿ ਮਨ ਮਹਿ ਪਾਵਹੁ ॥ ਗੁਰੁ ਪੂਰਾ ਭੇਟਿਓ ਵਡਭਾਗੀ ਜਨ ਨਾਨਕ ਕਤਹਿ ਨ ਧਾਵਹੁ ॥੨॥੩॥੩੧॥ {ਪੰਨਾ 617}

ਪਦਅਰਥ:- ਇਨ ਤੇ—ਇਹਨਾਂ ਪਾਸੋਂ । ਇਹ ਭੀਤਰ ਤੇ—ਇਸ ਮਨ ਦੇ ਭੀਤਰ ਤੋਂ, ਇਸ ਮਨ ਵਿਚੋਂ । ਡਾਰਹੁ—ਕੱਢ ਦੇ । ਨਿਕਟਿ—ਨੇੜੇ ।੧।

ਬਿਧਿ—ਜੁਗਤਿ । ਅਪੁਨੀ ਬਿਧਿ—ਆਪਣੀ ਭਗਤੀ ਦੀ ਜਾਚ । ਜਨਾਵਹੁ—ਸਿਖਾ ਦੇ । ਗਾਵਹੁ—ਗਵਾਵਹੁ, ਪ੍ਰੇਰਨਾ ਦੇਹ ਕਿ ਮੈਂ ਗਾ ਸਕਾਂ ।੧।ਰਹਾਉ।

ਕਬਹੂ—ਕਦੇ ਭੀ । ਹੀਏ ਤੇ—ਹਿਰਦੇ ਵਿਚੋਂ । ਬਿਧਿ—ਜਾਚ । ਪਾਵਹੁ—ਪਾ ਦੇ । ਧਾਵਹੁ—ਦੌੜ ।੨।

ਅਰਥ:- ਹੇ ਪ੍ਰਭੂ! ਆਪਣੀ ਭਗਤੀ ਦੀ ਜਾਚ ਤੂੰ ਮੈਨੂੰ ਆਪ ਸਿਖਾ । ਮੈਨੂੰ ਪ੍ਰੇਰਨਾ ਦੇਹ ਕਿ ਮੈਂ ਤੇਰੇ ਸੰਤ ਜਨਾਂ ਨਾਲ ਮਿਲ ਕੇ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰਾਂ ।੧।ਰਹਾਉ।

ਹੇ ਪ੍ਰਭੂ! ਕਾਮ ਕ੍ਰੋਧ ਲੋਭ ਝੂਠ ਨਿੰਦਾ (ਆਦਿਕ) ਇਹਨਾਂ (ਸਾਰੇ ਵਿਕਾਰਾਂ) ਤੋਂ ਤੂੰ ਮੈਨੂੰ ਆਪ ਛੁਡਾ ਲੈ । ਮੇਰੇ ਇਸ ਮਨ ਵਿਚੋਂ ਇਹਨਾਂ (ਵਿਕਾਰਾਂ) ਨੂੰ ਕੱਢ ਦੇ, ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖ ।੧।

ਹੇ ਪ੍ਰਭੂ! ਮੇਰੇ ਮਨ ਵਿਚ ਤੂੰ ਇਹੋ ਜਿਹੀ ਸਿੱਖਿਆ ਪਾ ਦੇਹ ਕਿ ਮੇਰੇ ਹਿਰਦੇ ਤੋਂ ਤੂੰ ਕਦੇ ਭੀ ਨਾਹ ਵਿਸਰੇਂ । ਹੇ ਦਾਸ ਨਾਨਕ! ਤੈਨੂੰ ਵੱਡੇ ਭਾਗਾਂ ਨਾਲ ਪੂਰਾ ਗੁਰੂ ਮਿਲ ਪਿਆ ਹੈ, ਹੁਣ ਤੂੰ ਹੋਰ ਕਿਸੇ ਪਾਸੇ ਨਾਹ ਦੌੜਦਾ ਫਿਰ ।੨।੩।੩੧।

ਸੋਰਠਿ ਮਹਲਾ ੫ ॥ ਜਾ ਕੈ ਸਿਮਰਣਿ ਸਭੁ ਕਛੁ ਪਾਈਐ ਬਿਰਥੀ ਘਾਲ ਨ ਜਾਈ ॥ ਤਿਸੁ ਪ੍ਰਭ ਤਿਆਗਿ ਅਵਰ ਕਤ ਰਾਚਹੁ ਜੋ ਸਭ ਮਹਿ ਰਹਿਆ ਸਮਾਈ ॥੧॥ ਹਰਿ ਹਰਿ ਸਿਮਰਹੁ ਸੰਤ ਗੋਪਾਲਾ ॥ ਸਾਧਸੰਗਿ ਮਿਲਿ ਨਾਮੁ ਧਿਆਵਹੁ ਪੂਰਨ ਹੋਵੈ ਘਾਲਾ ॥੧॥ ਰਹਾਉ ॥ ਸਾਰਿ ਸਮਾਲੈ ਨਿਤਿ ਪ੍ਰਤਿਪਾਲੈ ਪ੍ਰੇਮ ਸਹਿਤ ਗਲਿ ਲਾਵੈ ॥ ਕਹੁ ਨਾਨਕ ਪ੍ਰਭ ਤੁਮਰੇ ਬਿਸਰਤ ਜਗਤ ਜੀਵਨੁ ਕੈਸੇ ਪਾਵੈ ॥੨॥੪॥੩੨॥ {ਪੰਨਾ 617}

ਪਦਅਰਥ:- ਜਾ ਕੈ ਸਿਮਰਣਿ—ਜਿਸ (ਪ੍ਰਭੂ) ਦੇ ਸਿਮਰਨ ਦੀ ਰਾਹੀਂ । ਸਭ ਕਛੁ—ਹਰੇਕ ਚੀਜ਼ । ਬਿਰਥੀ—ਵਿਅਰਥ, ਖ਼ਾਲੀ । ਘਾਲ—ਮੇਹਨਤ । ਤਿਆਗਿ—ਭੁਲਾ ਕੇ । ਅਵਰ ਕਤ—ਹੋਰ ਕਿਸ ਪਾਸੇ । ਰਾਚਹੁ—ਤੂੰ ਮਸਤ ਹੋ ਰਿਹਾ ਹੈਂ ।੧।

ਸੰਤ—ਹੇ ਸੰਤ ਜਨੋ! ਗੋਪਾਲਾ—ਸ੍ਰਿਸ਼ਟੀ ਦਾ ਪਾਲਣ ਵਾਲਾ । ਪੂਰਨ—ਸਫਲ ।੧।ਰਹਾਉ।

ਸਾਰਿ—ਸਾਰ ਲੈ ਕੇ । ਸਮਾਲੈ—ਸੰਭਾਲ ਕਰਦਾ ਹੈ । ਸਹਿਤ—ਨਾਲ । ਗਲਿ—ਗਲ ਨਾਲ । ਪ੍ਰਭ—ਹੇ ਪ੍ਰਭੂ!

ਜਗਤ ਜੀਵਨੁ—ਜਗਤ ਦਾ ਜੀਵਨ, ਸਾਰੇ ਜੀਵਾਂ ਦੀ ਜ਼ਿੰਦਗੀ ਦਾ ਸਹਾਰਾ ।੨।

ਅਰਥ:- ਹੇ ਸੰਤ ਜਨੋ! ਸ੍ਰਿਸ਼ਟੀ ਦੇ ਪਾਲਣਹਾਰ ਨੂੰ ਸਦਾ ਸਿਮਰਦੇ ਰਹੋ । ਸਾਧ ਸੰਗਤ ਵਿਚ ਮਿਲ ਕੇ ਪ੍ਰਭੂ ਦਾ ਨਾਮ ਸਿਮਰਿਆ ਕਰੋ, (ਸਿਮਰਨ ਦੀ) ਮੇਹਨਤ ਜ਼ਰੂਰ ਸਫਲ ਹੋ ਜਾਂਦੀ ਹੈ ।੧।ਰਹਾਉ।

ਹੇ ਭਾਈ! ਜਿਸ ਪ੍ਰਭੂ ਦੇ ਸਿਮਰਨ ਦੀ ਬਰਕਤਿ ਨਾਲ ਹਰੇਕ ਪਦਾਰਥ ਮਿਲ ਸਕਦਾ ਹੈ, (ਸਿਮਰਨ ਦੀ) ਕੀਤੀ ਹੋਈ ਮਿਹਨਤ ਵਿਅਰਥ ਨਹੀਂ ਜਾਂਦੀ, ਜੇਹੜਾ ਪ੍ਰਭੂ ਸਾਰੀ ਸ੍ਰਿਸ਼ਟੀ ਵਿਚ ਮੌਜੂਦ ਹੈ ਉਸ ਨੂੰ ਛੱਡ ਕੇ ਹੋਰ ਕੇਹੜੇ ਪਾਸੇ ਮਸਤ ਹੋ ਰਹੇ ਹੋ? ।੧।

ਹੇ ਭਾਈ! ਉਹ ਪਰਮਾਤਮਾ (ਸਭ ਜੀਵਾਂ ਦੀ) ਸਾਰ ਲੈ ਕੇ ਸੰਭਾਲ ਕਰਦਾ ਹੈ, ਸਦਾ ਪਾਲਣਾ ਕਰਦਾ ਹੈ (ਸਿਮਰਨ ਕਰਨ ਵਾਲਿਆਂ ਨੂੰ) ਪ੍ਰੇਮ ਨਾਲ ਆਪਣੇ ਗਲੇ ਲਾਂਦਾ ਹੈ ।

ਹੇ ਨਾਨਕ! ਆਖ—ਹੇ ਪ੍ਰਭੂ! ਤੈਨੂੰ ਵਿਸਾਰ ਕੇ ਜੀਵ ਤੈਨੂੰ ਕਿਵੇਂ ਮਿਲ ਸਕਦਾ ਹੈ? ਤੇ, ਤੂੰ ਹੀ ਸਾਰੇ ਜੀਵਾਂ ਦੀ ਜ਼ਿੰਦਗੀ ਦਾ ਸਹਾਰਾ ਹੈਂ ।੨।੪।੩੨।

ਸੋਰਠਿ ਮਹਲਾ ੫ ॥ ਅਬਿਨਾਸੀ ਜੀਅਨ ਕੋ ਦਾਤਾ ਸਿਮਰਤ ਸਭ ਮਲੁ ਖੋਈ ॥ ਗੁਣ ਨਿਧਾਨ ਭਗਤਨ ਕਉ ਬਰਤਨਿ ਬਿਰਲਾ ਪਾਵੈ ਕੋਈ ॥੧॥ ਮੇਰੇ ਮਨ ਜਪਿ ਗੁਰ ਗੋਪਾਲ ਪ੍ਰਭੁ ਸੋਈ ॥ ਜਾ ਕੀ ਸਰਣਿ ਪਇਆਂ ਸੁਖੁ ਪਾਈਐ ਬਾਹੁੜਿ ਦੂਖੁ ਨ ਹੋਈ ॥੧॥ ਰਹਾਉ ॥ ਵਡਭਾਗੀ ਸਾਧਸੰਗੁ ਪਰਾਪਤਿ ਤਿਨ ਭੇਟਤ ਦੁਰਮਤਿ ਖੋਈ ॥ ਤਿਨ ਕੀ ਧੂਰਿ ਨਾਨਕੁ ਦਾਸੁ ਬਾਛੈ ਜਿਨ ਹਰਿ ਨਾਮੁ ਰਿਦੈ ਪਰੋਈ ॥੨॥੫॥੩੩॥ {ਪੰਨਾ 617}

ਪਦਅਰਥ:- ਜੀਅਨ ਕੋ—ਸਭ ਜੀਵਾਂ ਦਾ । ਸਭ ਮਲੁ—ਸਾਰੀ ਮੈਲ {ਲਫ਼ਜ਼ 'ਮਲੁ' ਸ਼ਕਲੋਂ ਪੁਲਿੰਗ ਦਿੱਸਦਾ ਹੈ, ਪਰ ਹੈ ਇਹ ਇਸਤ੍ਰੀ-ਲਿੰਗ । ਵੇਖੋ 'ਗੁਰਬਾਣੀ ਵਿਆਕਰਣ'} । ਨਿਧਾਨ—ਖ਼ਜ਼ਾਨਾ । ਕਉ—ਵਾਸਤੇ । ਬਰਤਨਿ—ਹਰ ਵੇਲੇ ਕੰਮ ਆਉਣ ਵਾਲੀ ਚੀਜ਼ ।੧।

ਬਾਹੁੜਿ—ਫਿਰ, ਮੁੜ ।੧।ਰਹਾਉ।

ਸਾਧ ਸੰਗੁ—ਭਲੇ ਮਨੁੱਖਾਂ ਦੀ ਸੰਗਤਿ । ਤਿਨ ਭੇਟਤ—ਉਹਨਾਂ ਨੂੰ ਮਿਲਿਆਂ । ਦੁਰਮਤਿ—ਖੋਟੀ ਮਤਿ । ਬਾਂਛੈ—ਮੰਗਦਾ ਹੈ, ਚਾਹੁੰਦਾ ਹੈ । ਜਿਨ—ਜਿਨ੍ਹਾਂ ਨੇ । ਰਿਦੈ—ਹਿਰਦੈ ਵਿਚ ।੨।

ਅਰਥ:- ਹੇ ਮੇਰੇ ਮਨ! ਉਸ ਪ੍ਰਭੂ ਨੂੰ ਜਪਿਆ ਕਰੋ ਜੋ ਸਭ ਤੋਂ ਵੱਡਾ ਹੈ, ਜੋ ਸ੍ਰਿਸ਼ਟੀ ਦਾ ਪਾਲਣ ਵਾਲਾ ਹੈ, ਤੇ, ਜਿਸ ਦਾ ਆਸਰਾ ਲਿਆਂ ਸੁਖ ਪ੍ਰਾਪਤ ਕਰ ਲਈਦਾ ਹੈ, ਫਿਰ ਕਦੇ ਦੁੱਖ ਨਹੀਂ ਵਿਆਪਦਾ ।੧।ਰਹਾਉ।

ਹੇ ਭਾਈ! ਉਸ ਪਰਮਾਤਮਾ ਦਾ ਸਿਮਰਨ ਕੀਤਿਆਂ (ਮਨ ਤੋਂ ਵਿਕਾਰਾਂ ਦੀ) ਸਾਰੀ ਮੈਲ ਲਹਿ ਜਾਂਦੀ ਹੈ ਜੋ ਨਾਸ-ਰਹਿਤ ਹੈ, ਤੇ, ਜੋ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ । ਉਹ ਪ੍ਰਭੂ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਭਗਤਾਂ ਵਾਸਤੇ ਹਰ ਵੇਲੇ ਦਾ ਸਹਾਰਾ ਹੈ । ਪਰ ਕੋਈ ਵਿਰਲਾ ਮਨੁੱਖ ਉਸ ਦਾ ਮਿਲਾਪ ਹਾਸਲ ਕਰਦਾ ਹੈ ।੧।

ਹੇ ਭਾਈ! ਵੱਡੀ ਕਿਸਮਤਿ ਨਾਲ ਭਲੇ ਮਨੁੱਖਾਂ ਦੀ ਸੰਗਤਿ ਹਾਸਲ ਹੁੰਦੀ ਹੈ, ਉਹਨਾਂ ਨੂੰ ਮਿਲਿਆਂ ਖੋਟੀ ਬੁੱਧ ਨਾਸ ਹੋ ਜਾਂਦੀ ਹੈ । ਦਾਸ ਨਾਨਕ (ਭੀ) ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ, ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਪ੍ਰੋ ਰੱਖਿਆ ਹੈ ।੨।੫।੩੩।

ਸੋਰਠਿ ਮਹਲਾ ੫ ॥ ਜਨਮ ਜਨਮ ਕੇ ਦੂਖ ਨਿਵਾਰੈ ਸੂਕਾ ਮਨੁ ਸਾਧਾਰੈ ॥ ਦਰਸਨੁ ਭੇਟਤ ਹੋਤ ਨਿਹਾਲਾ ਹਰਿ ਕਾ ਨਾਮੁ ਬੀਚਾਰੈ ॥੧॥ ਮੇਰਾ ਬੈਦੁ ਗੁਰੂ ਗੋਵਿੰਦਾ ॥ ਹਰਿ ਹਰਿ ਨਾਮੁ ਅਉਖਧੁ ਮੁਖਿ ਦੇਵੈ ਕਾਟੈ ਜਮ ਕੀ ਫੰਧਾ ॥੧॥ ਰਹਾਉ ॥ ਸਮਰਥ ਪੁਰਖ ਪੂਰਨ ਬਿਧਾਤੇ ਆਪੇ ਕਰਣੈਹਾਰਾ ॥ ਅਪੁਨਾ ਦਾਸੁ ਹਰਿ ਆਪਿ ਉਬਾਰਿਆ ਨਾਨਕ ਨਾਮ ਅਧਾਰਾ ॥੨॥੬॥੩੪॥ {ਪੰਨਾ 618}

ਪਦਅਰਥ:- ਨਿਵਾਰੈ—ਦੂਰ ਕਰ ਦੇਂਦਾ ਹੈ । ਸੂਕਾ—ਸੁੱਕਾ ਹੋਇਆ, ਪਰਮਾਤਮਾ ਦੇ ਪ੍ਰੇਮ ਦੀ ਹਰਿਆਵਲ ਤੋਂ ਸੱਖਣਾ । ਸਾਧਾਰੈ—ਸਹਾਰਾ ਦੇਂਦਾ ਹੈ । ਭੇਟਤ—ਮਿਲਦਿਆਂ, ਪ੍ਰਾਪਤ ਹੁੰਦਿਆਂ । ਨਿਹਾਲਾ—ਪ੍ਰਸੰਨ-ਚਿੱਤ । ਬੀਚਾਰੈ—ਵਿਚਾਰਦਾ, ਸੋਚ-ਮੰਡਲ ਵਿਚ ਵਸਾ ਲੈਂਦਾ ਹੈ ।੧।

ਬੈਦੁ—ਹਕੀਮ । ਅਉਖਧੁ—ਦਵਾਈ । ਮੁਖਿ—ਮੂੰਹ ਵਿਚ । ਫੰਧਾ—ਫਾਹੀ ।੧।ਰਹਾਉ।

ਸਮਰਥ—ਹੇ ਸਭ ਤਾਕਤਾਂ ਦੇ ਮਾਲਕ! ਪੁਰਖ—ਹੇ ਸਰਬ-ਵਿਆਪਕ! ਪੂਰਨ—ਹੇ ਭਰਪੂਰ! ਬਿਧਾਤੇ—ਹੇ ਸਿਰਜਣਹਾਰ! ਆਪੇ—(ਤੂੰ) ਆਪ ਹੀ । ਕਰਣੈਹਾਰਾ—(ਗੁਰੂ ਨੂੰ) ਬਣਾਨ ਵਾਲਾ । ਉਬਾਰਿਆ—(ਜਮ ਦੀ ਫਾਹੀ ਤੋਂ) ਬਚਾ ਲਿਆ । ਅਧਾਰਾ—ਆਸਰਾ ।੨।

ਅਰਥ:- ਹੇ ਭਾਈ! ਗੋਬਿੰਦ ਦਾ ਰੂਪ ਮੇਰਾ ਗੁਰੂ (ਪੂਰਾ) ਹਕੀਮ ਹੈ । (ਇਹ ਹਕੀਮ ਜਿਸ ਮਨੁੱਖ ਦੇ) ਮੂੰਹ ਵਿਚ ਹਰਿ-ਨਾਮ ਦਵਾਈ ਪਾਂਦਾ ਹੈ, (ਉਸ ਦੀ) ਜਮ ਦੀ ਫਾਹੀ ਕੱਟ ਦੇਂਦਾ ਹੈ (ਆਤਮਕ ਮੌਤ ਲਿਆਉਣ ਵਾਲੇ ਵਿਕਾਰਾਂ ਦੀ ਫਾਹੀ ਉਸ ਦੇ ਅੰਦਰੋਂ ਕੱਟ ਦੇਂਦਾ ਹੈ) ।੧।ਰਹਾਉ।

ਹੇ ਭਾਈ! ਵੈਦ-ਗੁਰੂ (ਸਰਣ-ਪਏ ਮਨੁੱਖ ਦੇ) ਅਨੇਕਾਂ ਜਨਮਾਂ ਦੇ ਦੁੱਖ ਦੂਰ ਕਰ ਦੇਂਦਾ ਹੈ, ਆਤਮਕ ਜੀਵਨ ਦੀ ਹਰਿਆਵਲ ਤੋਂ ਸੱਖਣੇ ਉਸ ਦੇ ਮਨ ਨੂੰ (ਨਾਮ-ਦਾਰੂ ਦਾ ਸਹਾਰਾ ਦੇਂਦਾ ਹੈ । ਗੁਰੂ ਦਾ ਦਰਸਨ ਕਰਦਿਆਂ ਹੀ (ਮਨੁੱਖ) ਖਿੜ ਆਉਂਦਾ ਹੈ, ਤੇ, ਪਰਮਾਤਮਾ ਦੇ ਨਾਮ ਨੂੰ ਆਪਣੇ ਸੋਚ-ਮੰਡਲ ਵਿਚ ਵਸਾ ਲੈਂਦਾ ਹੈ ।੧।

ਹੇ ਨਾਨਕ! (ਆਖ—) ਹੇ ਸਭ ਤਾਕਤਾਂ ਦੇ ਮਾਲਕ! ਹੇ ਸਰਬ-ਵਿਆਪਕ! ਹੇ ਭਰਪੂਰ! ਹੇ ਸਭ ਜੀਵਾਂ ਦੇ ਪੈਦਾ ਕਰਨ ਵਾਲੇ! ਤੂੰ ਆਪ ਹੀ (ਗੁਰੂ ਨੂੰ ਪੂਰਾ ਵੈਦ) ਬਣਾਣ ਵਾਲਾ ਹੈਂ । ਆਪਣੇ ਸੇਵਕ ਨੂੰ (ਵੈਦ-ਗੁਰੂ ਪਾਸੋਂ) ਨਾਮ ਦਾ ਆਸਰਾ ਦਿਵਾ ਕੇ ਤੂੰ ਆਪ ਹੀ (ਜਮ ਦੀ ਫਾਹੀ ਤੋਂ) ਬਚਾ ਲੈਂਦਾ ਹੈਂ ।੨।੬।੩੪।

ਸੋਰਠਿ ਮਹਲਾ ੫ ॥ ਅੰਤਰ ਕੀ ਗਤਿ ਤੁਮ ਹੀ ਜਾਨੀ ਤੁਝ ਹੀ ਪਾਹਿ ਨਿਬੇਰੋ ॥ ਬਖਸਿ ਲੈਹੁ ਸਾਹਿਬ ਪ੍ਰਭ ਅਪਨੇ ਲਾਖ ਖਤੇ ਕਰਿ ਫੇਰੋ ॥੧॥ ਪ੍ਰਭ ਜੀ ਤੂ ਮੇਰੋ ਠਾਕੁਰੁ ਨੇਰੋ ॥ ਹਰਿ ਚਰਣ ਸਰਣ ਮੋਹਿ ਚੇਰੋ ॥੧॥ ਰਹਾਉ ॥ ਬੇਸੁਮਾਰ ਬੇਅੰਤ ਸੁਆਮੀ ਊਚੋ ਗੁਨੀ ਗਹੇਰੋ ॥ ਕਾਟਿ ਸਿਲਕ ਕੀਨੋ ਅਪੁਨੋ ਦਾਸਰੋ ਤਉ ਨਾਨਕ ਕਹਾ ਨਿਹੋਰੋ ॥੨॥੭॥੩੫॥ {ਪੰਨਾ 618}

ਪਦਅਰਥ:- ਗਤਿ—ਆਤਮਕ ਅਵਸਥਾ । ਪਾਹਿ—ਪਾਸ । ਨਿਬੇਰੋ—ਨਿਬੇੜਾ, ਫ਼ੈਸਲਾ । ਸਾਹਿਬ—ਹੇ ਮਾਲਕ! ਖਤੇ—ਪਾਪ । ਕਰਿ ਫੇਰੋ—ਕਰਦਾ ਫਿਰਦਾ ਹਾਂ ।੧।

ਠਾਕੁਰੁ—ਪਾਲਣਹਾਰ । ਨੇਰੋ—ਨੇੜੇ, ਅੰਗ-ਸੰਗ । ਮੋਹਿ—ਮੈਨੂੰ । ਚੇਰੋ—ਚੇਰਾ, ਦਾਸ ।੧।ਰਹਾਉ।

ਸੁਆਮੀ—ਹੇ ਮਾਲਕ! ਗੁਨੀ—ਗੁਣਾਂ ਦਾ ਮਾਲਕ । ਗਹੇਰੋ—ਡੂੰਘਾ । ਸਿਲਕ—ਫਾਹੀ । ਦਾਸਰੋ—ਨਿੱਕਾ ਜਿਹਾ ਦਾਸ । ਤਉ—ਤਦੋਂ । ਨਿਹੋਰੋ—ਮੁਥਾਜੀ ।੨।

ਅਰਥ:- ਹੇ ਪ੍ਰਭੂ ਜੀ! ਤੂੰ ਮੇਰਾ ਪਾਲਣਹਾਰਾ ਮਾਲਕ ਹੈਂ, ਮੇਰੇ ਅੰਗ-ਸੰਗ ਵੱਸਦਾ ਹੈਂ । ਹੇ ਹਰੀ! ਮੈਨੂੰ ਆਪਣੇ ਚਰਨਾਂ ਦੀ ਸਰਣ ਵਿਚ ਰੱਖ, ਮੈਨੂੰ ਆਪਣਾ ਦਾਸ ਬਣਾਈ ਰੱਖ ।੧।ਰਹਾਉ।

ਹੇ ਮੇਰੇ ਆਪਣੇ ਮਾਲਕ ਪ੍ਰਭੂ! ਮੇਰੇ ਦਿਲ ਦੀ ਹਾਲਤ ਤੂੰ ਹੀ ਜਾਣਦਾ ਹੈਂ, ਤੇਰੀ ਸਰਣ ਪਿਆਂ ਹੀ (ਮੇਰੀ ਅੰਦਰਲੀ ਮੰਦੀ ਹਾਲਤ ਦਾ) ਖ਼ਾਤਮਾ ਹੋ ਸਕਦਾ ਹੈ । ਮੈਂ ਲੱਖਾਂ ਪਾਪ ਕਰਦਾ ਫਿਰਦਾ ਹਾਂ । ਹੇ ਮੇਰੇ ਮਾਲਕ! ਮੈਨੂੰ ਬਖ਼ਸ਼ ਲੈ ।੧।

ਹੇ ਬੇਸ਼ੁਮਾਰ ਪ੍ਰਭੂ! ਹੇ ਬੇਅੰਤ! ਹੇ ਮੇਰੇ ਮਾਲਕ! ਤੂੰ ਉੱਚੀ ਆਤਮਕ ਅਵਸਥਾ ਵਾਲਾ ਹੈਂ, ਤੂੰ ਸਾਰੇ ਗੁਣਾਂ ਦਾ ਮਾਲਕ ਹੈਂ, ਤੂੰ ਡੂੰਘਾ ਹੈਂ । ਹੇ ਨਾਨਕ! (ਆਖ—ਹੇ ਪ੍ਰਭੂ! ਜਦੋਂ ਤੂੰ ਕਿਸੇ ਮਨੁੱਖ ਦੀ ਵਿਕਾਰਾਂ ਦੀ) ਫਾਹੀ ਕੱਟ ਕੇ ਉਸ ਨੂੰ ਆਪਣਾ ਦਾਸ ਬਣਾ ਲੈਂਦਾ ਹੈਂ, ਤਦੋਂ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ ।੨।੭।੩੫।

ਸੋਰਠਿ ਮਃ ੫ ॥ ਭਏ ਕ੍ਰਿਪਾਲ ਗੁਰੂ ਗੋਵਿੰਦਾ ਸਗਲ ਮਨੋਰਥ ਪਾਏ ॥ ਅਸਥਿਰ ਭਏ ਲਾਗਿ ਹਰਿ ਚਰਣੀ ਗੋਵਿੰਦ ਕੇ ਗੁਣ ਗਾਏ ॥੧॥ ਭਲੋ ਸਮੂਰਤੁ ਪੂਰਾ ॥ ਸਾਂਤਿ ਸਹਜ ਆਨੰਦ ਨਾਮੁ ਜਪਿ ਵਾਜੇ ਅਨਹਦ ਤੂਰਾ ॥੧॥ ਰਹਾਉ ॥ ਮਿਲੇ ਸੁਆਮੀ ਪ੍ਰੀਤਮ ਅਪੁਨੇ ਘਰ ਮੰਦਰ ਸੁਖਦਾਈ ॥ ਹਰਿ ਨਾਮੁ ਨਿਧਾਨੁ ਨਾਨਕ ਜਨ ਪਾਇਆ ਸਗਲੀ ਇਛ ਪੁਜਾਈ ॥੨॥੮॥੩੬॥ {ਪੰਨਾ 618}

ਪਦਅਰਥ:- ਕ੍ਰਿਪਾਲ—ਦਇਆਵਾਨ । ਗੋਵਿੰਦਾ—ਪਰਮਾਤਮਾ । ਸਗਲ—ਸਾਰੇ । ਮਨੋਰਥ—ਮਨ ਦੀਆਂ ਮੁਰਾਦਾਂ । ਅਸਥਿਰ—ਅਡੋਲ । ਗਾਏ—ਗਾਇ, ਗਾ ਕੇ ।੧।

ਭਲੋ—ਭਲਾ, ਚੰਗਾ । ਪੂਰਾ—ਸ਼ੁਭ । ਸ ਮੂਰਤੁ—ਉਹ ਸਮਾ । ਸਹਜ—ਆਤਮਕ ਅਡੋਲਤਾ । ਜਪਿ—ਜਪ ਕੇ । ਵਾਜੇ—ਵੱਜ ਪਏ । ਅਨਹਦ—ਬਿਨਾ ਵਜਾਏ, ਇੱਕ-ਰਸ । ਤੂਰਾ—ਤੂਰੇ, ਵਾਜੇ ।੧।ਰਹਾਉ।

ਨਿਧਾਨੁ—ਖ਼ਜ਼ਾਨਾ । ਪੁਜਾਈ—ਪੂਰੀ ਹੋ ਗਈ ।੨।

ਅਰਥ:- (ਹੇ ਭਾਈ! ਮਨੁੱਖ ਦੇ ਜੀਵਨ ਵਿਚ) ਉਹ ਸਮਾ ਸੁਹਾਵਣਾ ਹੁੰਦਾ ਹੈ ਸ਼ੁਭ ਹੁੰਦਾ ਹੈ, ਜਦੋਂ ਪਰਮਾਤਮਾ ਦਾ ਨਾਮ ਜਪ ਕੇ ਉਸ ਦੇ ਅੰਦਰ ਸ਼ਾਂਤੀ, ਆਤਮਕ ਅਡੋਲਤਾ, ਆਨੰਦ ਦੇ ਇਕ-ਰਸ ਵਾਜੇ ਵੱਜਦੇ ਹਨ ।੧।ਰਹਾਉ।

ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਦਾ ਰੂਪ ਗੁਰੂ ਦਇਆਵਾਨ ਹੁੰਦਾ ਹੈ, ਉਸ ਦੇ ਮਨ ਦੀਆਂ ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ (ਕਿਉਂਕਿ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਪ੍ਰਭੂ-ਚਰਨਾਂ ਵਿਚ ਲਗਨ ਲਾ ਕੇ ਉਹ ਮਨੁੱਖ (ਮਾਇਆ ਦੇ ਹੱਲਿਆਂ ਅੱਗੇ) ਡੋਲਣੋਂ ਹਟ ਜਾਂਦਾ ਹੈ ।੧।

ਹੇ ਭਾਈ! ਜਿਸ ਮਨੁੱਖ ਨੂੰ ਆਪਣੇ ਮਾਲਕ ਪ੍ਰੀਤਮ ਪ੍ਰਭੂ ਜੀ ਮਿਲ ਪੈਂਦੇ ਹਨ, ਉਸ ਨੂੰ ਇਹ ਘਰ-ਘਾਟ ਸੁਖ ਦੇਣ ਵਾਲੇ ਪ੍ਰਤੀਤ ਹੁੰਦੇ ਹਨ । ਹੇ ਦਾਸ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਲਿਆ, ਉਸ ਦੀ ਹਰੇਕ ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ ।੨।੮।੩੬।

ਸੋਰਠਿ ਮਹਲਾ ੫ ॥ ਗੁਰ ਕੇ ਚਰਨ ਬਸੇ ਰਿਦ ਭੀਤਰਿ ਸੁਭ ਲਖਣ ਪ੍ਰਭਿ ਕੀਨੇ ॥ ਭਏ ਕ੍ਰਿਪਾਲ ਪੂਰਨ ਪਰਮੇਸਰ ਨਾਮ ਨਿਧਾਨ ਮਨਿ ਚੀਨੇ ॥੧॥ ਮੇਰੋ ਗੁਰੁ ਰਖਵਾਰੋ ਮੀਤ ॥ ਦੂਣ ਚਊਣੀ ਦੇ ਵਡਿਆਈ ਸੋਭਾ ਨੀਤਾ ਨੀਤ ॥੧॥ ਰਹਾਉ ॥ ਜੀਅ ਜੰਤ ਪ੍ਰਭਿ ਸਗਲ ਉਧਾਰੇ ਦਰਸਨੁ

ਦੇਖਣਹਾਰੇ ॥ ਗੁਰ ਪੂਰੇ ਕੀ ਅਚਰਜ ਵਡਿਆਈ ਨਾਨਕ ਸਦ ਬਲਿਹਾਰੇ ॥੨॥੯॥੩੭॥ {ਪੰਨਾ 618}

ਪਦਅਰਥ:- ਰਿਦ ਭੀਤਰਿ—ਹਿਰਦੇ ਵਿਚ । ਸੁਭ ਲਖਣ—ਸਫਲਤਾ ਦੇਣ ਵਾਲੇ ਲੱਛਣ । ਪ੍ਰਭਿ—ਪ੍ਰਭੂ ਨੇ । ਮਨਿ—ਮਨ ਵਿਚ । ਚੀਨੇ—ਪਛਾਣ ਲਏ ।੧।

ਮੇਰੋ—ਮੇਰਾ । ਰਖਵਾਰੋ—ਰਖਵਾਲਾ । ਚਊਣੀ—ਚਉ-ਗੁਣੀ । ਦੇ—ਦੇਂਦਾ ਹੈ । ਨੀਤਾ ਨੀਤ—ਸਦਾ ਹੀ ।੧।ਰਹਾਉ।

ਜੀਅ ਜੰਤ ਸਗਲੇ—ਸਾਰੇ ਹੀ ਜੀਵ । ਪ੍ਰਭਿ—ਪ੍ਰਭੂ ਨੇ । ਦੇਖਣਹਾਰੇ—ਵੇਖਣ ਵਾਲੇ । ਅਚਰਜ—ਹੈਰਾਨ ਕਰ ਦੇਣ ਵਾਲੀ । ਵਡਿਆਈ—ਵੱਡਾ ਦਰਜਾ । ਸਦ—ਸਦਾ । ਬਲਿਹਾਰੇ—ਕੁਰਬਾਨ ।੨।

ਅਰਥ:- ਹੇ ਭਾਈ! ਮੇਰਾ ਗੁਰੂ ਮੇਰਾ ਰਾਖਾ ਹੈ ਮੇਰਾ ਮਿੱਤਰ ਹੈ, (ਪ੍ਰਭੂ ਦਾ ਨਾਮ ਦੇ ਕੇ, ਮੈਨੂੰ) ਉਹ ਵਡਿਆਈ ਬਖ਼ਸ਼ਦਾ ਹੈ ਜੋ ਦੂਣੀ ਚਉਣੀ ਹੁੰਦੀ ਜਾਂਦੀ ਹੈ (ਸਦਾ ਵਧਦੀ ਜਾਂਦੀ ਹੈ), ਮੈਨੂੰ ਸਦਾ ਸੋਭਾ ਦਿਵਾਂਦਾ ਹੈ ।੧।ਰਹਾਉ।

ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦੇ ਚਰਨ ਵੱਸ ਪਏ, ਪ੍ਰਭੂ ਨੇ (ਉਸ ਦੀ ਜ਼ਿੰਦਗੀ ਵਿਚ) ਸਫਲਤਾ ਪੈਦਾ ਕਰਨ ਵਾਲੇ ਲੱਛਣ ਪੈਦਾ ਕਰ ਦਿੱਤੇ । ਸਰਬ-ਵਿਆਪਕ ਪ੍ਰਭੂ ਜੀ ਜਿਸ ਮਨੁੱਖ ਉਤੇ ਦਇਆਵਾਨ ਹੋ ਗਏ, ਉਸ ਮਨੁੱਖ ਨੇ ਪਰਮਾਤਮਾ ਦੇ ਨਾਮ ਦੇ ਖ਼ਜ਼ਾਨੇ ਆਪਣੇ ਮਨ ਵਿਚ (ਟਿਕੇ ਹੋਏ) ਪਛਾਣ ਲਏ ।੧।

ਹੇ ਭਾਈ! ਗੁਰੂ ਦਾ ਦਰਸਨ ਕਰਨ ਵਾਲੇ ਸਾਰੇ ਮਨੁੱਖਾਂ ਨੂੰ ਪ੍ਰਭੂ ਨੇ (ਵਿਕਾਰਾਂ ਤੋਂ) ਬਚਾ ਲਿਆ । ਪੂਰੇ ਗੁਰੂ ਦਾ ਇਤਨਾ ਵੱਡਾ ਦਰਜਾ ਹੈ ਕਿ (ਵੇਖ ਕੇ) ਹੈਰਾਨ ਹੋ ਜਾਈਦਾ ਹੈ । ਹੇ ਨਾਨਕ! (ਆਖ—ਮੈਂ ਗੁਰੂ ਤੋਂ) ਸਦਾ ਕੁਰਬਾਨ ਜਾਂਦਾ ਹਾਂ ।੨।੯।੩੭।

ਸੋਰਠਿ ਮਹਲਾ ੫ ॥ ਸੰਚਨਿ ਕਰਉ ਨਾਮ ਧਨੁ ਨਿਰਮਲ ਥਾਤੀ ਅਗਮ ਅਪਾਰ ॥ ਬਿਲਛਿ ਬਿਨੋਦ ਆਨੰਦ ਸੁਖ ਮਾਣਹੁ ਖਾਇ ਜੀਵਹੁ ਸਿਖ ਪਰਵਾਰ ॥੧॥ ਹਰਿ ਕੇ ਚਰਨ ਕਮਲ ਆਧਾਰ ॥ ਸੰਤ ਪ੍ਰਸਾਦਿ ਪਾਇਓ ਸਚ ਬੋਹਿਥੁ ਚੜਿ ਲੰਘਉ ਬਿਖੁ ਸੰਸਾਰ ॥੧॥ ਰਹਾਉ ॥ ਭਏ ਕ੍ਰਿਪਾਲ ਪੂਰਨ ਅਬਿਨਾਸੀ ਆਪਹਿ ਕੀਨੀ ਸਾਰ ॥ ਪੇਖਿ ਪੇਖਿ ਨਾਨਕ ਬਿਗਸਾਨੋ ਨਾਨਕ ਨਾਹੀ ਸੁਮਾਰ ॥੨॥੧੦॥੩੮॥ {ਪੰਨਾ 618}

ਪਦਅਰਥ:- ਸੰਚਨਿ ਕਰਉ—(ਕਰਉਂ) ਮੈਂ ਇਕੱਠਾ ਕਰਦਾ ਹਾਂ । ਨਾਮ ਧਨੁ ਨਿਰਮਲ—ਨਿਰਮਲ ਨਾਮ ਧਨੁ, ਪ੍ਰਭੂ ਦੇ ਪਵਿਤ੍ਰ ਨਾਮ ਦਾ ਧਨ । ਥਾਤੀ—{i0Qiq} ਟਿਕਾਉ । ਅਗਮ—ਅਪਹੁੰਚ । ਅਪਾਰ—ਬੇਅੰਤ । ਬਿਲਛਿ—{iv l 0X} ਪ੍ਰਸੰਨ ਹੋ ਕੇ । ਬਿਨੋਦ—(ਆਤਮਕ) ਚੋਜ ਤਮਾਸ਼ੇ । ਜੀਵਹੁ—ਆਤਮਕ ਜੀਵਨ ਪ੍ਰਾਪਤ ਕਰੋ । ਸਿਖ ਪਰਵਾਰ—ਹੇ (ਗੁਰੂ ਕੇ) ਸਿੱਖ-ਪਰਵਾਰ! ।੧।

ਆਧਾਰ—ਆਸਰਾ । ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਸਚ—ਸਦਾ ਕਾਇਮ ਰਹਿਣ ਵਾਲਾ । ਬੋਹਿਥੁ—ਜਹਾਜ਼ । ਚੜਿ—ਚੜ੍ਹ ਕੇ । ਲੰਘਉ—ਲੰਘਉਂ, ਮੈਂ ਲੰਘਦਾ ਹਾਂ । ਬਿਖੁ—ਜ਼ਹਿਰ ।੧।ਰਹਾਉ।

ਆਪਹਿ—ਆਪ ਹੀ । ਸਾਰ—ਸੰਭਾਲ । ਪੇਖਿ—ਵੇਖ ਕੇ । ਨਾਨਕੁ ਬਿਗਸਨੋ—ਨਾਨਕ ਖ਼ੁਸ਼ ਹੋ ਰਿਹਾ ਹੈ । ਨਾਨਕ—ਹੇ ਨਾਨਕ! ਸੁਮਾਰ—ਮਿਣਤੀ, ਹੱਦ ।੨।

ਅਰਥ:- (ਹੇ ਭਾਈ!) ਪਰਮਾਤਮਾ ਦੇ ਕੋਮਲ ਚਰਨਾਂ ਨੂੰ (ਮੈਂ ਆਪਣੀ ਜ਼ਿੰਦਗੀ ਦਾ) ਆਸਰਾ (ਬਣਾ ਲਿਆ ਹੈ) । ਗੁਰੂ ਦੀ ਕਿਰਪਾ ਨਾਲ ਮੈਂ ਸਦਾ-ਥਿਰ ਪ੍ਰਭੂ ਦਾ ਨਾਮ ਜਹਾਜ਼ ਲੱਭ ਲਿਆ ਹੈ, (ਉਸ ਵਿਚ) ਚੜ੍ਹ ਕੇ ਮੈਂ (ਆਤਮਕ ਮੌਤ ਲਿਆਉਣ ਵਾਲੇ ਵਿਕਾਰਾਂ ਦੇ) ਜ਼ਹਿਰ-ਭਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਰਿਹਾ ਹਾਂ ।੧।ਰਹਾਉ।

(ਹੇ ਭਾਈ! ਗੁਰੂ ਦੀ ਕਿਰਪਾ ਨਾਲ) ਮੈਂ ਪਰਮਾਤਮਾ ਦੇ ਪਵਿਤ੍ਰ ਨਾਮ ਦਾ ਧਨ ਇਕੱਠਾ ਕਰ ਰਿਹਾ ਹਾਂ (ਜਿਥੇ ਇਹ ਧਨ ਇਕੱਠਾ ਕੀਤਾ ਜਾਏ, ਉੱਥੇ) ਅਪਹੁੰਚ ਤੇ ਬੇਅੰਤ ਪ੍ਰਭੂ ਦਾ ਨਿਵਾਸ ਹੋ ਜਾਂਦਾ ਹੈ । ਹੇ (ਗੁਰੂ ਕੇ) ਸਿੱਖ-ਪਰਵਾਰ! (ਹੇ ਗੁਰਸਿੱਖੋ!) ਤੁਸੀ ਭੀ (ਆਤਮਕ ਜੀਵਨ ਵਾਸਤੇ ਇਹ ਨਾਮ-ਭੋਜਨ) ਖਾ ਕੇ ਆਤਮਕ ਜੀਵਨ ਹਾਸਲ ਕਰੋ, ਖ਼ੁਸ਼ ਹੋ ਕੇ ਆਤਮਕ ਚੋਜ ਆਨੰਦ ਸੁਖ ਮਾਣਿਆ ਕਰੋ ।੧।

ਹੇ ਭਾਈ! ਜਿਸ ਮਨੁੱਖ ਉੱਤੇ ਸਰਬ-ਵਿਆਪਕ ਅਬਿਨਾਸੀ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਸ ਦੀ ਸੰਭਾਲ ਆਪ ਹੀ ਕਰਦੇ ਹਨ । ਨਾਨਕ (ਉਸ ਦਾ ਇਹ ਕੌਤਕ) ਵੇਖ ਵੇਖ ਕੇ ਖ਼ੁਸ਼ ਹੋ ਰਿਹਾ ਹੈ । ਹੇ ਨਾਨਕ! (ਸੇਵਕ ਦੀ ਸੰਭਾਲ ਕਰਨ ਦੀ ਪ੍ਰਭੂ ਦੀ ਦਇਆ ਦਾ) ਅੰਦਾਜ਼ਾ ਨਹੀਂ ਲਾਇਆ ਜਾ ਸਕਦਾ ।੨।੧੦।੩੮।

ਸੋਰਠਿ ਮਹਲਾ ੫ ॥ ਗੁਰਿ ਪੂਰੈ ਅਪਨੀ ਕਲ ਧਾਰੀ ਸਭ ਘਟ ਉਪਜੀ ਦਇਆ ॥ ਆਪੇ ਮੇਲਿ ਵਡਾਈ ਕੀਨੀ ਕੁਸਲ ਖੇਮ ਸਭ ਭਇਆ ॥੧॥ ਸਤਿਗੁਰੁ ਪੂਰਾ ਮੇਰੈ ਨਾਲਿ ॥ ਪਾਰਬ੍ਰਹਮੁ ਜਪਿ ਸਦਾ ਨਿਹਾਲ ॥ ਰਹਾਉ ॥ ਅੰਤਰਿ ਬਾਹਰਿ ਥਾਨ ਥਨੰਤਰਿ ਜਤ ਕਤ ਪੇਖਉ ਸੋਈ ॥ ਨਾਨਕ ਗੁਰੁ ਪਾਇਓ ਵਡਭਾਗੀ ਤਿਸੁ ਜੇਵਡੁ ਅਵਰੁ ਨ ਕੋਈ ॥੨॥੧੧॥੩੯॥ {ਪੰਨਾ 618}

ਪਦਅਰਥ:- ਗੁਰਿ ਪੂਰੈ—ਪੂਰੇ ਗੁਰੂ ਨੇ । ਕਲ—ਕਲਾ, ਸੱਤਿਆ, ਤਾਕਤ । ਸਭ ਘਟ—ਸਾਰੇ ਸਰੀਰਾਂ ਵਾਸਤੇ । ਉਪਜੀ—ਪੈਦਾ ਹੋ ਗਈ ਹੈ । ਆਪੇ—ਆਪ ਹੀ । ਮੇਲਿ—(ਪ੍ਰਭੂ-ਚਰਨਾਂ ਵਿਚ) ਮਿਲਾ ਕੇ । ਵਡਾਈ—ਉੱਚਾ ਆਤਮਕ ਦਰਜਾ । ਕੁਸਲ ਖੇਮ—ਖ਼ੁਸ਼ੀ, ਪ੍ਰਸੰਨਤਾ ।੧।

ਜਪਿ—ਜਪ ਕੇ । ਨਿਹਾਲ—ਪ੍ਰਸੰਨ-ਚਿੱਤ ।ਰਹਾਉ।

ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰ ਥਾਂ ਵਿਚ । ਜਤ ਕਤ—ਜਿੱਥੇ ਕਿੱਥੇ । ਪੇਖਉ—ਪੇਖਉਂ, ਮੈਂ ਵੇਖਦਾ ਹਾਂ । ਸੋਈ—ਉਹ (ਪਰਮਾਤਮਾ) ਹੀ । ਜੇਵਡੁ—ਜੇਡਾ, ਬਰਾਬਰ ਦਾ । ਅਵਰੁ—ਹੋਰ ।੨।

ਅਰਥ:- ਹੇ ਭਾਈ! ਪੂਰਾ ਗੁਰੂ (ਹਰ ਵੇਲੇ) ਮੇਰੇ ਨਾਲ (ਮਦਦਗਾਰ) ਹੈ, (ਉਸ ਦੀ ਮੇਹਰ ਨਾਲ) ਪਰਮਾਤਮਾ ਦਾ ਨਾਮ ਜਪ ਕੇ ਮੈਂ ਸਦਾ ਪ੍ਰਸੰਨ-ਚਿੱਤ ਰਹਿੰਦਾ ਹਾਂ ।ਰਹਾਉ।

ਹੇ ਭਾਈ! ਪੂਰੇ ਗੁਰੂ ਨੇ (ਮੇਰੇ ਅੰਦਰ) ਆਪਣੀ (ਅਜੇਹੀ) ਤਾਕਤ ਭਰ ਦਿੱਤੀ ਹੈ (ਕਿ ਮੇਰੇ ਅੰਦਰ) ਸਭ ਜੀਵਾਂ ਵਾਸਤੇ ਪਿਆਰ ਪੈਦਾ ਹੋ ਗਿਆ ਹੈ । (ਗੁਰੂ ਨੇ) ਆਪ ਹੀ (ਮੈਨੂੰ ਪ੍ਰਭੂ-ਚਰਨਾਂ ਵਿਚ) ਜੋੜ ਕੇ (ਮੈਨੂੰ) ਆਤਮਕ ਉੱਚਤਾ ਬਖ਼ਸ਼ੀ ਹੈ, (ਹੁਣ ਮੇਰੇ ਅੰਦਰ) ਆਨੰਦ ਹੀ ਆਨੰਦ ਬਣਿਆ ਰਹਿੰਦਾ ਹੈ ।ਰਹਾਉ।

ਹੇ ਭਾਈ! ਹੁਣ ਆਪਣੇ ਅੰਦਰ ਤੇ ਬਾਹਰ (ਸਾਰੇ ਜਗਤ ਵਿਚ), ਹਰ ਥਾਂ ਵਿਚ, ਮੈਂ ਜਿੱਥੇ ਵੇਖਦਾ ਹਾਂ ਉਸ ਪਰਮਾਤਮਾ ਨੂੰ ਹੀ (ਵੱਸਦਾ ਵੇਖਦਾ ਹਾਂ) । ਹੇ ਨਾਨਕ! (ਮੈਨੂੰ) ਵੱਡੇ ਭਾਗਾਂ ਨਾਲ ਗੁਰੂ ਮਿਲ ਪਿਆ ਹੈ (ਇਹੋ ਜਿਹੀ ਦਾਤਿ ਬਖ਼ਸ਼ ਸਕਣ ਵਾਲਾ) ਗੁਰੂ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ ।੨।੧੧।੩੯।

ਸੋਰਠਿ ਮਹਲਾ ੫ ॥ ਸੁਖ ਮੰਗਲ ਕਲਿਆਣ ਸਹਜ ਧੁਨਿ ਪ੍ਰਭ ਕੇ ਚਰਣ ਨਿਹਾਰਿਆ ॥ ਰਾਖਨਹਾਰੈ ਰਾਖਿਓ ਬਾਰਿਕੁ ਸਤਿਗੁਰਿ ਤਾਪੁ ਉਤਾਰਿਆ ॥੧॥ ਉਬਰੇ ਸਤਿਗੁਰ ਕੀ ਸਰਣਾਈ ॥ ਜਾ ਕੀ ਸੇਵ ਨ ਬਿਰਥੀ ਜਾਈ ॥ ਰਹਾਉ ॥ ਘਰ ਮਹਿ ਸੁਖ ਬਾਹਰਿ ਫੁਨਿ ਸੁਖਾ ਪ੍ਰਭ ਅਪੁਨੇ ਭਏ ਦਇਆਲਾ ॥ ਨਾਨਕ ਬਿਘਨੁ ਨ ਲਾਗੈ ਕੋਊ ਮੇਰਾ ਪ੍ਰਭੁ ਹੋਆ ਕਿਰਪਾਲਾ ॥੨॥੧੨॥੪੦॥ {ਪੰਨਾ 619}

ਪਦਅਰਥ:- ਮੰਗਲ—ਖ਼ੁਸ਼ੀਆਂ । ਕਲਿਆਣ—ਸੁਖ । ਸਹਜ ਧੁਨਿ—ਆਤਮਕ ਅਡੋਲਤਾ ਦੀ ਰੌ । ਨਿਹਾਰਿਆ—ਵੇਖੇ । ਰਾਖਨਹਾਰੈ—ਰੱਖਿਆ ਕਰਨ ਦੀ ਸਮਰਥਾ ਵਾਲੇ ਨੇ । ਸਤਿਗੁਰਿ—ਸਤਿਗੁਰੂ ਨੇ ।੧।

ਉਬਰੇ—ਬਚ ਗਏ । ਜਾ ਕੀ—ਜਿਸ (ਗੁਰੂ) ਦੀ । ਬਿਰਥੀ—ਖ਼ਾਲੀ ।ਰਹਾਉ।

ਘਰ ਮਹਿ—ਹਿਰਦੇ ਵਿਚ । ਫੁਨਿ—ਭੀ । ਬਿਘਨੁ—ਰੁਕਾਵਟ ।੨।

ਅਰਥ:- ਹੇ ਭਾਈ! ਜਿਸ ਗੁਰੂ ਦੀ ਕੀਤੀ ਹੋਈ ਸੇਵਾ ਖ਼ਾਲੀ ਨਹੀਂ ਜਾਂਦੀ, ਉਸ ਗੁਰੂ ਦੀ ਸ਼ਰਨ ਜੇਹੜੇ ਮਨੁੱਖ ਪੈਂਦੇ ਹਨ ਉਹ (ਆਤਮਕ ਜੀਵਨ ਦੇ ਰਸਤੇ ਵਿਚ ਆਉਣ ਵਾਲੀਆਂ ਰੁਕਾਵਟਾਂ ਤੋਂ) ਬਚ ਜਾਂਦੇ ਹਨ ।ਰਹਾਉ।

(ਹੇ ਭਾਈ! ਜੇਹੜਾ ਭੀ ਮਨੁੱਖ ਗੁਰੂ ਦੀ ਸ਼ਰਨ ਆ ਪਿਆ) ਗੁਰੂ ਨੇ ਉਸ ਦਾ ਤਾਪ (ਦੁੱਖ-ਕਲੇਸ਼) ਲਾਹ ਦਿੱਤਾ, ਰੱਖਿਆ ਕਰਨ ਦੀ ਸਮਰਥਾ ਵਾਲੇ ਗੁਰੂ ਨੇ ਉਸ ਬਾਲਕ ਨੂੰ (ਵਿਘਨਾਂ ਤੋਂ) ਬਚਾ ਲਿਆ (ਉਸ ਨੂੰ ਇਉਂ ਬਚਾਇਆ ਜਿਵੇਂ ਪਿਤਾ ਆਪਣੇ ਪੁੱਤਰ ਦੀ ਰੱਖਿਆ ਕਰਦਾ ਹੈ) । (ਗੁਰੂ ਦੀ ਸ਼ਰਨ ਪੈ ਕੇ ਜਿਸ ਮਨੁੱਖ ਨੇ) ਪਰਮਾਤਮਾ ਦੇ ਚਰਨਾਂ ਦਾ ਦਰਸਨ ਕਰ ਲਿਆ, ਉਸ ਦੇ ਅੰਦਰ ਸੁਖ ਖ਼ੁਸ਼ੀ ਆਨੰਦ ਤੇ ਆਤਮਕ ਅਡੋਲਤਾ ਦੀ ਰੌ ਚੱਲ ਪਈ ।੧।

(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ ਉਸ ਦੇ) ਹਿਰਦੇ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ, ਬਾਹਰ (ਦੁਨੀਆ ਨਾਲ ਵਰਤਣ ਵਿਹਾਰ ਕਰਦਿਆਂ) ਭੀ ਉਸ ਨੂੰ ਆਤਮਕ ਸੁਖ ਮਿਲਿਆ ਰਹਿੰਦਾ ਹੈ, ਉਸ ਉਤੇ ਪ੍ਰਭੂ ਸਦਾ ਦਇਆਵਾਨ ਰਹਿੰਦਾ ਹੈ । ਹੇ ਨਾਨਕ! ਉਸ ਮਨੁੱਖ ਦੀ ਜ਼ਿੰਦਗੀ ਦੇ ਰਸਤੇ ਵਿਚ ਕੋਈ ਰੁਕਾਵਟ ਨਹੀਂ ਆਉਂਦੀ, ਉਸ ਉਤੇ ਪਰਮਾਤਮਾ ਕਿਰਪਾਲ ਹੋਇਆ ਰਹਿੰਦਾ ਹੈ ।੨।੧੨।੪੦।

ਸੋਰਠਿ ਮਹਲਾ ੫ ॥ ਸਾਧੂ ਸੰਗਿ ਭਇਆ ਮਨਿ ਉਦਮੁ ਨਾਮੁ ਰਤਨੁ ਜਸੁ ਗਾਈ ॥ ਮਿਟਿ ਗਈ ਚਿੰਤਾ ਸਿਮਰਿ ਅਨੰਤਾ ਸਾਗਰੁ ਤਰਿਆ ਭਾਈ ॥੧॥ ਹਿਰਦੈ ਹਰਿ ਕੇ ਚਰਣ ਵਸਾਈ ॥ ਸੁਖੁ ਪਾਇਆ ਸਹਜ ਧੁਨਿ ਉਪਜੀ ਰੋਗਾ ਘਾਣਿ ਮਿਟਾਈ ॥ ਰਹਾਉ ॥ ਕਿਆ ਗੁਣ ਤੇਰੇ ਆਖਿ ਵਖਾਣਾ ਕੀਮਤਿ ਕਹਣੁ ਨ ਜਾਈ ॥ ਨਾਨਕ ਭਗਤ ਭਏ ਅਬਿਨਾਸੀ ਅਪੁਨਾ ਪ੍ਰਭੁ ਭਇਆ ਸਹਾਈ ॥੨॥੧੩॥੪੧॥ {ਪੰਨਾ 619}

ਪਦਅਰਥ:- ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ । ਮਨਿ—ਮਨ ਵਿਚ । ਜਸੁ—ਸਿਫ਼ਤਿ-ਸਾਲਾਹ ਦਾ ਗੀਤ । ਗਾਈ—ਗਾਏ, ਗਾਉਣ ਲੱਗ ਪੈਂਦਾ ਹੈ । ਸਿਮਰਿ—ਸਿਮਰ ਕੇ । ਅਨੰਤਾ—ਬੇਅੰਤ ਪ੍ਰਭੂ । ਸਾਗਰੁ—ਸਮੁੰਦਰ । ਭਾਈ—ਹੇ ਭਾਈ! ।੧।

ਹਿਰਦੈ—ਹਿਰਦੇ ਵਿਚ । ਵਸਾਈ—ਵਸਾਇ, ਟਿਕਾ ਰੱਖ । ਸਹਜ ਧੁਨਿ—ਆਤਮਕ ਅਡੋਲਤਾ ਦੀ ਰੌ । ਘਾਣਿ—ਘਾਣੀ, ਢੇਰ ।ਰਹਾਉ।

ਆਖਿ—ਆਖ ਕੇ । ਵਖਾਣਾ—ਵਖਾਣਾਂ, ਮੈਂ ਦੱਸਾਂ । ਅਬਿਨਾਸੀ—ਨਾਸ-ਰਹਿਤ, ਆਤਮਕ ਮੌਤ ਤੋਂ ਰਹਿਤ ।

ਅਰਥ:- ਹੇ ਭਾਈ! ਆਪਣੇ ਹਿਰਦੇ ਵਿਚ ਪਰਮਾਤਮਾ ਦੇ ਚਰਨ ਟਿਕਾਈ ਰੱਖ (ਨਿਮ੍ਰਤਾ ਵਿਚ ਰਹਿ ਕੇ ਪਰਮਾਤਮਾ ਦਾ ਸਿਮਰਨ ਕਰਿਆ ਕਰ) । (ਜਿਸ ਨੇ ਭੀ ਇਹ ਉੱਦਮ ਕੀਤਾ ਹੈ, ਉਸ ਨੇ) ਆਤਮਕ ਆਨੰਦ ਪ੍ਰਾਪਤ ਕਰ ਲਿਆ, (ਉਸ ਦੇ ਅੰਦਰ) ਆਤਮਕ ਅਡੋਲਤਾ ਦੀ ਰੌ ਪੈਦਾ ਹੋ ਗਈ, (ਉਸ ਨੇ ਆਪਣੇ ਅੰਦਰੋਂ) ਰੋਗਾਂ ਦੇ ਢੇਰ ਮਿਟਾ ਲਏ ।ਰਹਾਉ।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਰਿਹਾਂ ਮਨ ਵਿਚ ਉੱਦਮ ਪੈਦਾ ਹੁੰਦਾ ਹੈ, (ਮਨੁੱਖ) ਸ੍ਰੇਸ਼ਟ ਨਾਮ ਜਪਣ ਲੱਗ ਪੈਂਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣ ਲੱਗ ਪੈਂਦਾ ਹੈ । ਬੇਅੰਤ ਪ੍ਰਭੂ ਦਾ ਸਿਮਰਨ ਕਰ ਕੇ ਮਨੁੱਖ ਦੀ ਚਿੰਤਾ ਮਿਟ ਜਾਂਦੀ ਹੈ, ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ।੧।

ਹੇ ਪ੍ਰਭੂ! ਮੈਂ ਤੇਰੇ ਕੇਹੜੇ ਕੇਹੜੇ ਗੁਣ ਬਿਆਨ ਕਰ ਕੇ ਦੱਸਾਂ? ਤੇਰਾ ਮੁੱਲ ਦੱਸਿਆ ਨਹੀਂ ਜਾ ਸਕਦਾ (ਤੂੰ ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੋਂ ਨਹੀਂ ਮਿਲ ਸਕਦਾ) । ਹੇ ਨਾਨਕ! ਪਿਆਰਾ ਪ੍ਰਭੂ ਜਿਨ੍ਹਾਂ ਮਨੁੱਖਾਂ ਦਾ ਮਦਦਗਾਰ ਬਣਦਾ ਹੈ, ਉਹ ਭਗਤ-ਜਨ ਆਤਮਕ ਮੌਤ ਤੋਂ ਰਹਿਤ ਹੋ ਜਾਂਦੇ ਹਨ ।੨।੧੩।੪੧।

ਸੋਰਠਿ ਮਃ ੫ ॥ ਗਏ ਕਲੇਸ ਰੋਗ ਸਭਿ ਨਾਸੇ ਪ੍ਰਭਿ ਅਪੁਨੈ ਕਿਰਪਾ ਧਾਰੀ ॥ ਆਠ ਪਹਰ ਆਰਾਧਹੁ ਸੁਆਮੀ ਪੂਰਨ ਘਾਲ ਹਮਾਰੀ ॥੧॥ ਹਰਿ ਜੀਉ ਤੂ ਸੁਖ ਸੰਪਤਿ ਰਾਸਿ ॥ ਰਾਖਿ ਲੈਹੁ ਭਾਈ ਮੇਰੇ ਕਉ ਪ੍ਰਭ ਆਗੈ ਅਰਦਾਸਿ ॥ ਰਹਾਉ ॥ ਜੋ ਮਾਗਉ ਸੋਈ ਸੋਈ ਪਾਵਉ ਅਪਨੇ ਖਸਮ ਭਰੋਸਾ ॥ ਕਹੁ ਨਾਨਕ ਗੁਰੁ ਪੂਰਾ ਭੇਟਿਓ ਮਿਟਿਓ ਸਗਲ ਅੰਦੇਸਾ ॥੨॥੧੪॥੪੨॥ {ਪੰਨਾ 619}

ਪਦਅਰਥ:- ਕਲੇਸ—ਮਾਨਸਕ ਦੁੱਖ । ਸਭਿ—ਸਾਰੇ । ਪ੍ਰਭਿ—ਪ੍ਰਭੂ ਨੇ । ਆਠ ਪਹਰ—ਸਦਾ, ਹਰ ਵੇਲੇ, ਸਾਰਾ ਦਿਨ । ਘਾਲ—ਮੇਹਨਤ । ਹਮਾਰੀ—ਸਾਡੀ, ਅਸਾਂ ਜੀਵਾਂ ਦੀ ।੧।

ਸੰਪਤਿ—ਧਨ । ਰਾਸਿ—ਸਰਮਾਇਆ । ਭਾਈ—ਹੇ ਭਾਈ! ਹੇ ਪ੍ਰਭੂ! ਮੇਰੇ ਕਉ—ਮੈਨੂੰ ।ਰਹਾਉ।

ਮਾਗਉ—ਮਾਗਉਂ, ਮੈਂ ਮੰਗਦਾ ਹਾਂ । ਪਾਵਉ—ਪਾਵਉਂ, ਪ੍ਰਾਪਤ ਕਰ ਲੈਂਦਾ ਹਾਂ । ਭਰੋਸਾ—ਸਹਾਰਾ ।੨।

ਅਰਥ:- ਹੇ ਪ੍ਰਭੂ ਜੀ! ਤੂੰ ਹੀ ਮੈਨੂੰ ਆਤਮਕ ਆਨੰਦ ਦਾ ਧਨ-ਸਰਮਾਇਆ ਦੇਣ ਵਾਲਾ ਹੈਂ । ਹੇ ਪ੍ਰਭੂ! ਮੈਨੂੰ (ਕਲੇਸ਼ਾਂ ਅੰਦੇਸਿਆਂ ਤੋਂ) ਬਚਾ ਲੈ । ਹੇ ਪ੍ਰਭੂ! ਮੇਰੀ ਤੇਰੇ ਅੱਗੇ ਹੀ ਅਰਜ਼ੋਈ ਹੈ ।ਰਹਾਉ।

ਹੇ ਭਾਈ! ਜਿਸ ਭੀ ਮਨੁੱਖ ਉੱਤੇ ਪਿਆਰੇ ਪ੍ਰਭੂ ਨੇ ਮੇਹਰ ਕੀਤੀ ਉਸ ਦੇ ਸਾਰੇ ਕਲੇਸ਼ ਤੇ ਰੋਗ ਦੂਰ ਹੋ ਗਏ । (ਹੇ ਭਾਈ!) ਮਾਲਕ-ਪ੍ਰਭੂ ਨੂੰ ਅੱਠੇ ਪਹਿਰ ਯਾਦ ਕਰਦੇ ਰਿਹਾ ਕਰੋ, ਅਸਾਂ ਜੀਵਾਂ ਦੀ (ਇਹ) ਮੇਹਨਤ (ਜ਼ਰੂਰ) ਸਫਲ ਹੁੰਦੀ ਹੈ ।੧।

ਹੇ ਭਾਈ! ਮੈਂ ਤਾਂ ਜੋ ਕੁਝ (ਪ੍ਰਭੂ ਪਾਸੋਂ) ਮੰਗਦਾ ਹਾਂ, ਉਹੀ ਕੁਝ ਪ੍ਰਾਪਤ ਕਰ ਲੈਂਦਾ ਹਾਂ । ਮੈਨੂੰ ਆਪਣੇ ਮਾਲਕ-ਪ੍ਰਭੂ ਉਤੇ (ਪੂਰਾ) ਇਤਬਾਰ (ਬਣ ਚੁਕਾ) ਹੈ । ਹੇ ਨਾਨਕ! ਆਖ—ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਸ ਦੇ ਸਾਰੇ ਚਿੰਤਾ-ਫ਼ਿਕਰ ਦੂਰ ਹੋ ਜਾਂਦੇ ਹਨ ।੨।੧੪।੪੨।

ਸੋਰਠਿ ਮਹਲਾ ੫ ॥ ਸਿਮਰਿ ਸਿਮਰਿ ਗੁਰੁ ਸਤਿਗੁਰੁ ਅਪਨਾ ਸਗਲਾ ਦੂਖੁ ਮਿਟਾਇਆ ॥ ਤਾਪ ਰੋਗ ਗਏ ਗੁਰ ਬਚਨੀ ਮਨ ਇਛੇ ਫਲ ਪਾਇਆ ॥੧॥ ਮੇਰਾ ਗੁਰੁ ਪੂਰਾ ਸੁਖਦਾਤਾ ॥ ਕਰਣ

ਕਾਰਣ ਸਮਰਥ ਸੁਆਮੀ ਪੂਰਨ ਪੁਰਖੁ ਬਿਧਾਤਾ ॥ ਰਹਾਉ ॥ ਅਨੰਦ ਬਿਨੋਦ ਮੰਗਲ ਗੁਣ ਗਾਵਹੁ ਗੁਰ ਨਾਨਕ ਭਏ ਦਇਆਲਾ ॥ ਜੈ ਜੈ ਕਾਰ ਭਏ ਜਗ ਭੀਤਰਿ ਹੋਆ ਪਾਰਬ੍ਰਹਮੁ ਰਖਵਾਲਾ ॥੨॥੧੫॥੪੩॥ {ਪੰਨਾ 619}

ਪਦਅਰਥ:- ਸਿਮਰਿ ਸਿਮਰਿ—ਮੁੜ ਮੁੜ ਯਾਦ ਕਰ ਕੇ । ਸਗਲਾ—ਸਾਰਾ । ਗੁਰ ਬਚਨੀ—ਗੁਰੂ ਦੇ ਬਚਨਾਂ ਉੱਤੇ ਤੁਰ ਕੇ ।੧।

ਕਰਣ ਕਾਰਣ—ਜਗਤ ਦਾ ਮੂਲ । ਸਮਰਥ—ਸਾਰੀਆਂ ਤਾਕਤਾਂ ਦਾ ਮਾਲਕ । ਬਿਧਾਤਾ—ਸਿਰਜਣਹਾਰ ।ਰਹਾਉ।

ਬਿਨੋਦ—ਕੌਤਕ, ਤਮਾਸ਼ੇ, ਖ਼ੁਸ਼ੀਆਂ । ਜੈ ਜੈ ਕਾਰ—ਸੋਭਾ । ਭੀਤਰਿ—ਵਿਚ ।੨।

ਅਰਥ:- ਹੇ ਭਾਈ! ਮੇਰਾ ਗੁਰੂ ਸਭ ਗੁਣਾਂ ਨਾਲ ਭਰਪੂਰ ਹੈ, ਸਾਰੇ ਸੁਖ ਬਖ਼ਸ਼ਣ ਵਾਲਾ ਹੈ । ਗੁਰੂ ਉਸ ਸਰਬ-ਵਿਆਪਕ ਸਿਰਜਣਹਾਰ ਦਾ ਰੂਪ ਹੈ ਜੋ ਸਾਰੇ ਜਗਤ ਦਾ ਮੂਲ ਹੈ, ਜੋ ਸਭ ਤਾਕਤਾਂ ਦਾ ਮਾਲਕ ਹੈ ।ਰਹਾਉ।

(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ, ਉਹ) ਮੁੜ ਮੁੜ ਗੁਰੂ ਸਤਿਗੁਰੂ (ਦੀ ਬਾਣੀ) ਨੂੰ ਚੇਤੇ ਕਰ ਕੇ ਆਪਣਾ ਹਰੇਕ ਕਿਸਮ ਦਾ ਦੁੱਖ ਦੂਰ ਕਰ ਲੈਂਦਾ ਹੈ । ਗੁਰੂ ਦੇ ਬਚਨਾਂ ਉੱਤੇ ਤੁਰ ਕੇ ਉਸ ਦੇ ਸਾਰੇ ਕਲੇਸ਼ ਸਾਰੇ ਰੋਗ ਦੂਰ ਹੋ ਜਾਂਦੇ ਹਨ, ਉਹ ਮਨ-ਮੰਗੇ ਫਲ ਪ੍ਰਾਪਤ ਕਰ ਲੈਂਦਾ ਹੈ ।੧।

ਹੇ ਨਾਨਕ! (ਆਖ—ਹੇ ਭਾਈ! ਜੇ ਤੇਰੇ ਉੱਤੇ) ਸਤਿਗੁਰੂ ਜੀ ਦਇਆਵਾਨ ਹੋਏ ਹਨ, ਤਾਂ ਤੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਿਹਾ ਕਰ, (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਤੇਰੇ ਅੰਦਰ) ਆਨੰਦ ਖ਼ੁਸ਼ੀਆਂ ਸੁਖ ਬਣੇ ਰਹਿਣਗੇ । (ਸਿਫ਼ਤਿ-ਸਾਲਾਹ ਦਾ ਸਦਕਾ) ਜਗਤ ਵਿਚ ਸੋਭਾ ਮਿਲਦੀ ਹੈ । (ਇਹ ਨਿਸ਼ਚਾ ਬਣਿਆ ਰਹਿੰਦਾ ਹੈ ਕਿ) ਪਰਮਾਤਮਾ (ਸਦਾ ਸਿਰ ਉੱਤੇ) ਰਾਖਾ ਹੈ ।੨।੧੫।੪੩।

ਸੋਰਠਿ ਮਹਲਾ ੫ ॥ ਹਮਰੀ ਗਣਤ ਨ ਗਣੀਆ ਕਾਈ ਅਪਣਾ ਬਿਰਦੁ ਪਛਾਣਿ ॥ ਹਾਥ ਦੇਇ ਰਾਖੇ ਕਰਿ ਅਪੁਨੇ ਸਦਾ ਸਦਾ ਰੰਗੁ ਮਾਣਿ ॥੧॥ ਸਾਚਾ ਸਾਹਿਬੁ ਸਦ ਮਿਹਰਵਾਣ ॥ ਬੰਧੁ ਪਾਇਆ ਮੇਰੈ ਸਤਿਗੁਰਿ ਪੂਰੈ ਹੋਈ ਸਰਬ ਕਲਿਆਣ ॥ ਰਹਾਉ ॥ ਜੀਉ ਪਾਇ ਪਿੰਡੁ ਜਿਨਿ ਸਾਜਿਆ ਦਿਤਾ ਪੈਨਣੁ ਖਾਣੁ ॥ ਅਪਣੇ ਦਾਸ ਕੀ ਆਪਿ ਪੈਜ ਰਾਖੀ ਨਾਨਕ ਸਦ ਕੁਰਬਾਣੁ ॥੨॥੧੬॥੪੪॥ {ਪੰਨਾ 619}

ਪਦਅਰਥ:- ਹਮਰੀ—ਅਸਾਂ ਜੀਵਾਂ ਦੀ । ਗਣਤ—ਕੀਤੇ ਕਰਮਾਂ ਦਾ ਹਿਸਾਬ । ਨ ਗਣੀਆ—ਨਹੀਂ ਗਿਣਦਾ । ਕਾਈ ਗਣਤ—ਕੋਈ ਭੀ ਲੇਖਾ । ਬਿਰਦੁ—ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ । ਪਛਾਣਿ—ਪਛਾਣੈ, ਚੇਤੇ ਰੱਖਦਾ ਹੈ । ਦੇਇ—ਦੇ ਕੇ । ਰਾਖੇ—(ਕੁਕਰਮਾਂ ਤੋਂ) ਬਚਾਈ ਰੱਖਦਾ ਹੈ । ਮਾਣਿ—ਮਾਣੈ, ਮਾਣਦਾ ਹੈ ।੧।

ਸਾਚਾ—ਸਦਾ ਕਾਇਮ ਰਹਿਣ ਵਾਲਾ । ਸਦ—ਸਦਾ । ਬੰਧੁ—ਰੋਕ, ਬੰਨ੍ਹ (ਕੁਕਰਮਾਂ ਦੇ ਰਾਹ ਵਿਚ) ਰੁਕਾਵਟ । ਸਤਿਗੁਰਿ—ਗੁਰੂ ਨੇ । ਕਲਿਆਣ—(ਆਤਮਕ) ਸੁਖ ।ਰਹਾਉ।

ਜੀਉ—ਜਿੰਦ । ਪਾਇ—ਪਾ ਕੇ । ਪਿੰਡੁ—ਸਰੀਰ । ਜਿਨ—ਜਿਸ (ਪ੍ਰਭੂ) ਨੇ । ਸਜਾਇਆ—ਪੈਦਾ ਕੀਤਾ ।

ਪੈਜ—ਇੱਜ਼ਤ । ਸਦ—ਸਦਾ ।੨।

ਅਰਥ:– ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਮਾਲਕ-ਪ੍ਰਭੂ ਸਦਾ ਦਇਆਵਾਨ ਰਹਿੰਦਾ ਹੈ, (ਕੁਕਰਮਾਂ ਵਲ ਪਰਤ ਰਹੇ ਬੰਦਿਆਂ ਨੂੰ ਉਹ ਗੁਰੂ ਮਿਲਾਂਦਾ ਹੈ । ਜਿਸ ਨੂੰ ਪੂਰਾ ਗੁਰੂ ਮਿਲ ਪਿਆ, ਉਸ ਦੇ ਵਿਕਾਰਾਂ ਦੇ ਰਸਤੇ ਵਿਚ) ਮੇਰੇ ਪੂਰੇ ਗੁਰੂ ਨੇ ਬੰਨ੍ਹ ਮਾਰ ਦਿੱਤਾ (ਤੇ, ਇਸ ਤਰ੍ਹਾਂ ਉਸ ਦੇ ਅੰਦਰ) ਸਾਰੇ ਆਤਮਕ ਆਨੰਦ ਪੈਦਾ ਹੋ ਗਏ ।ਰਹਾਉ।

ਹੇ ਭਾਈ! ਪਰਮਾਤਮਾ ਅਸਾਂ ਜੀਵਾਂ ਦੇ ਕੀਤੇ ਮੰਦ-ਕਰਮਾਂ ਦਾ ਕੋਈ ਖ਼ਿਆਲ ਨਹੀਂ ਕਰਦਾ । ਉਹ ਆਪਣੇ ਮੁੱਢ-ਕਦੀਮਾਂ ਦੇ (ਪਿਆਰ ਵਾਲੇ) ਸੁਭਾਉ ਨੂੰ ਚੇਤੇ ਰੱਖਦਾ ਹੈ, (ਉਹ, ਸਗੋਂ, ਸਾਨੂੰ ਗੁਰੂ ਮਿਲਾ ਕੇ, ਸਾਨੂੰ) ਆਪਣੇ ਬਣਾ ਕੇ (ਆਪਣੇ) ਹੱਥ ਦੇ ਕੇ (ਸਾਨੂੰ ਵਿਕਾਰਾਂ ਵਲੋਂ) ਬਚਾਂਦਾ ਹੈ । (ਜਿਸ ਵਡ-ਭਾਗੀ ਨੂੰ ਗੁਰੂ ਮਿਲ ਪੈਂਦਾ ਹੈ, ਉਹ) ਸਦਾ ਹੀ ਆਤਮਕ ਆਨੰਦ ਮਾਣਦਾ ਹੈ ।੧।

ਹੇ ਭਾਈ! ਜਿਸ ਪਰਮਾਤਮਾ ਨੇ ਜਿੰਦ ਪਾ ਕੇ (ਸਾਡਾ) ਸਰੀਰ ਪੈਦਾ ਕੀਤਾ ਹੈ, ਜੇਹੜਾ (ਹਰ ਵੇਲੇ) ਸਾਨੂੰ ਖ਼ੁਰਾਕ ਤੇ ਪੁਸ਼ਾਕ ਦੇ ਰਿਹਾ ਹੈ, ਉਹ ਪਰਮਾਤਮਾ (ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਤੋਂ) ਆਪਣੇ ਸੇਵਕ ਦੀ ਇੱਜ਼ਤ (ਗੁਰੂ ਮਿਲਾ ਕੇ) ਆਪ ਬਚਾਂਦਾ ਹੈ । ਹੇ ਨਾਨਕ! (ਆਖ—ਮੈਂ ਉਸ ਪਰਮਾਤਮਾ ਤੋਂ) ਸਦਾ ਸਦਕੇ ਜਾਂਦਾ ਹਾਂ ।੨।੧੬।੪੪।

ਸੋਰਠਿ ਮਹਲਾ ੫ ॥ ਦੁਰਤੁ ਗਵਾਇਆ ਹਰਿ ਪ੍ਰਭਿ ਆਪੇ ਸਭੁ ਸੰਸਾਰੁ ਉਬਾਰਿਆ ॥ ਪਾਰਬ੍ਰਹਮਿ ਪ੍ਰਭਿ ਕਿਰਪਾ ਧਾਰੀ ਅਪਣਾ ਬਿਰਦੁ ਸਮਾਰਿਆ ॥੧॥ ਹੋਈ ਰਾਜੇ ਰਾਮ ਕੀ ਰਖਵਾਲੀ ॥ ਸੂਖ ਸਹਜ ਆਨਦ ਗੁਣ ਗਾਵਹੁ ਮਨੁ ਤਨੁ ਦੇਹ ਸੁਖਾਲੀ ॥ ਰਹਾਉ ॥ ਪਤਿਤ ਉਧਾਰਣੁ ਸਤਿਗੁਰੁ ਮੇਰਾ ਮੋਹਿ ਤਿਸ ਕਾ ਭਰਵਾਸਾ ॥ ਬਖਸਿ ਲਏ ਸਭਿ ਸਚੈ ਸਾਹਿਬਿ ਸੁਣਿ ਨਾਨਕ ਕੀ ਅਰਦਾਸਾ ॥੨॥੧੭॥੪੫॥ {ਪੰਨਾ 620}

ਪਦਅਰਥ:- ਦੁਰਤੁ—{dirq} ਪਾਪ । ਪ੍ਰਭਿ—ਪ੍ਰਭੂ ਨੇ । ਆਪੇ—ਆਪ ਹੀ । ਸਭੁ—ਸਾਰਾ । ਉਬਾਰਿਆ—(ਪਾਪਾਂ ਤੋਂ) ਬਚਾਇਆ ਹੈ । ਪਾਰਬ੍ਰਹਮਿ—ਪਾਰਬ੍ਰਹਮ ਨੇ । ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ । ਸਮਾਰਿਆ—ਚੇਤੇ ਰੱਖਿਆ ਹੈ ।੧।

ਰਾਜੇ ਰਾਮ ਕੀ—ਰਾਮ ਰਾਜੇ ਕੀ, ਪ੍ਰਭੂ-ਪਾਤਿਸ਼ਾਹ ਦੀ । ਰਖਵਾਲੀ—ਰਾਖੀ, ਸਹਾਇਤਾ । ਸਹਜ—ਆਤਮਕ ਅਡੋਲਤਾ । ਸੁਖਾਲੀ—ਸੁਖੀ ।ਰਹਾਉ।

ਪਤਿਤ ਉਧਾਰਣੁ—ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ (ਵਿਕਾਰਾਂ ਤੋਂ) ਬਚਾਣ ਵਾਲਾ । ਮੋਹਿ—ਮੈਨੂੰ । ਤਿਸ ਕਾ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਭਰਵਾਸਾ—ਆਸਰਾ । ਸਭਿ—ਸਾਰੇ । ਸੁਣਿ—ਸੁਣੈ, ਸੁਣਦਾ ਹੈ ।੨।

ਅਰਥ:– ਹੇ ਭਾਈ! ਪ੍ਰਭੂ-ਪਾਤਿਸ਼ਾਹ (ਜਿਸ ਮਨੁੱਖ ਦੀ ਪਾਪਾਂ ਵਲੋਂ) ਰਾਖੀ ਕਰਦਾ ਹੈ, ਉਸ ਦਾ ਮਨ ਸੁਖੀ ਹੋ ਜਾਂਦਾ ਹੈ, ਉਸ ਦਾ ਸਰੀਰ ਸੁਖੀ ਹੋ ਜਾਂਦਾ ਹੈ । (ਹੇ ਭਾਈ! ਤੁਸੀਂ ਭੀ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰੋ, (ਤੁਹਾਨੂੰ ਭੀ) ਸੁਖ ਮਿਲਣਗੇ, ਆਤਮਕ ਅਡੋਲਤਾ ਦੇ ਆਨੰਦ ਮਿਲਣਗੇ ।ਰਹਾਉ।

(ਹੇ ਭਾਈ! ਜਿਸ ਮਨੁੱਖ ਉੱਤੇ ਪਾਰਬ੍ਰਹਮ ਪ੍ਰਭੂ ਨੇ ਮੇਹਰ (ਦੀ ਨਿਗਾਹ) ਕੀਤੀ, (ਉਸ ਨੂੰ ਗੁਰੂ ਮਿਲਾ ਕੇ) ਪ੍ਰਭੂ ਨੇ ਉਸ ਦਾ ਪਿਛਲਾ ਕੀਤਾ) ਪਾਪ (ਉਸ ਦੇ ਅੰਦਰੋਂ) ਦੂਰ ਕਰ ਦਿੱਤਾ । (ਇਸ ਤਰ੍ਹਾਂ) ਪ੍ਰਭੂ ਆਪ ਹੀ ਸਾਰੇ

ਸੰਸਾਰ ਨੂੰ (ਵਿਕਾਰਾਂ ਤੋਂ) ਬਚਾਂਦਾ ਹੈ । ਆਪਣਾ ਮੁੱਢ-ਕਦੀਮਾਂ ਦਾ (ਦਇਆ-ਪਿਆਰ ਵਾਲਾ) ਸੁਭਾਉ ਚੇਤੇ ਰੱਖਦਾ ਹੈ ।੧।

ਹੇ ਭਾਈ! ਮੇਰਾ ਗੁਰੂ ਵਿਕਾਰੀਆਂ ਨੂੰ (ਵਿਕਾਰਾਂ ਤੋਂ) ਬਚਾਣ ਵਾਲਾ ਹੈ । ਮੈਨੂੰ ਭੀ ਉਸ ਦਾ (ਹੀ) ਸਹਾਰਾ ਹੈ । ਜਿਸ ਸਦਾ ਕਾਇਮ ਰਹਿਣ ਵਾਲੇ ਮਾਲਕ ਨੇ ਸਾਰੇ ਜੀਵ (ਗੁਰੂ ਦੀ ਸ਼ਰਨ ਪਾ ਕੇ) ਬਖ਼ਸ਼ ਲਏ ਹਨ (ਜੇਹੜਾ ਸਦਾ-ਥਿਰ ਪ੍ਰਭੂ ਵਿਕਾਰੀਆਂ ਨੂੰ ਭੀ ਗੁਰੂ ਦੀ ਸ਼ਰਨ ਪਾ ਕੇ ਬਖ਼ਸ਼ਦਾ ਆ ਰਿਹਾ ਹੈ), ਉਹ ਪ੍ਰਭੂ ਨਾਨਕ ਦੀ ਅਰਜ਼ੋਈ ਭੀ ਸੁਣਨ ਵਾਲਾ ਹੈ ।੨।੧੭।੪੫।

ਸੋਰਠਿ ਮਹਲਾ ੫ ॥ ਬਖਸਿਆ ਪਾਰਬ੍ਰਹਮ ਪਰਮੇਸਰਿ ਸਗਲੇ ਰੋਗ ਬਿਦਾਰੇ ॥ ਗੁਰ ਪੂਰੇ ਕੀ ਸਰਣੀ ਉਬਰੇ ਕਾਰਜ ਸਗਲ ਸਵਾਰੇ ॥੧॥ ਹਰਿ ਜਨਿ ਸਿਮਰਿਆ ਨਾਮ ਅਧਾਰਿ ॥ ਤਾਪੁ ਉਤਾਰਿਆ ਸਤਿਗੁਰਿ ਪੂਰੈ ਅਪਣੀ ਕਿਰਪਾ ਧਾਰਿ ॥ ਰਹਾਉ ॥ ਸਦਾ ਅਨੰਦ ਕਰਹ ਮੇਰੇ ਪਿਆਰੇ ਹਰਿ ਗੋਵਿਦੁ ਗੁਰਿ ਰਾਖਿਆ ॥ ਵਡੀ ਵਡਿਆਈ ਨਾਨਕ ਕਰਤੇ ਕੀ ਸਾਚੁ ਸਬਦੁ ਸਤਿ ਭਾਖਿਆ ॥੨॥੧੮॥੪੬॥ {ਪੰਨਾ 620}

ਪਦਅਰਥ:- ਪਰਮੇਸਰਿ—ਪਰਮੇਸ਼ਰ ਨੇ । ਬਿਦਾਰੇ—ਦੂਰ ਕਰ ਦਿੱਤੇ । ਸਗਲ—ਸਾਰੇ ।੧।

ਜਨਿ—ਜਨ ਨੇ । ਅਧਾਰਿ—ਆਸਰੇ ਤੇ । ਸਤਿਗੁਰਿ—ਗੁਰੂ ਨੇ ।ਰਹਾਉ।

ਕਰਹ—ਅਸੀ ਕਰਦੇ ਹਾਂ । ਪਿਆਰੇ—ਹੇ ਪਿਆਰੇ! ਗੁਰਿ—ਗੁਰੂ ਨੇ । ਕਰਤੇ ਕੀ—ਕਰਤਾਰ ਦੀ । ਸਾਚੁ—ਸਦਾ ਕਾਇਮ ਰਹਿਣ ਵਾਲਾ । ਸਤਿ—ਠੀਕ, ਸੱਚ । ਭਾਖਿਆ—ਉਚਾਰਿਆ ।੨।

ਅਰਥ:- ਹੇ ਭਾਈ! ਪਰਮਾਤਮਾ ਦੇ ਜਿਸ ਸੇਵਕ ਨੇ ਪਰਮਾਤਮਾ ਦਾ ਨਾਮ ਸਿਮਰਿਆ, ਨਾਮ ਦੇ ਆਸਰੇ ਵਿਚ (ਆਪਣੇ ਆਪ ਨੂੰ ਤੋਰਿਆ), ਪੂਰੇ ਗੁਰੂ ਨੇ ਆਪਣੀ ਕਿਰਪਾ ਕਰ ਕੇ (ਉਸ ਦਾ) ਤਾਪ ਲਾਹ ਦਿੱਤਾ ।ਰਹਾਉ।

ਹੇ ਭਾਈ! ਪਾਰਬ੍ਰਹਮ ਪਰਮੇਸਰ ਨੇ (ਜਿਸ ਸੇਵਕ ਉੱਤੇ) ਬਖ਼ਸ਼ਸ਼ ਕੀਤੀ, ਉਸ ਦੇ ਸਾਰੇ ਰੋਗ ਉਸਨੇ ਦੂਰ ਕਰ ਦਿੱਤੇ । ਜੇਹੜੇ ਭੀ ਮਨੁੱਖ ਗੁਰੂ ਦੀ ਸ਼ਰਨ ਪੈਂਦੇ ਹਨ, ਉਹ ਦੁੱਖਾਂ-ਕਲੇਸ਼ਾਂ ਤੋਂ ਬਚ ਜਾਂਦੇ ਹਨ । ਗੁਰੂ ਉਹਨਾਂ ਦੇ ਸਾਰੇ ਕੰਮ ਸਵਾਰ ਦੇਂਦਾ ਹੈ ।੧।

ਹੇ ਮੇਰੇ ਪਿਆਰੇ (ਭਾਈ)! (ਗੁਰੂ ਦੀ ਸ਼ਰਨ ਪੈ ਕੇ) ਅਸੀ (ਭੀ) ਸਦਾ ਆਨੰਦ ਮਾਣਦੇ ਹਾਂ । ਹਰਿ ਗੋਬਿੰਦ ਨੂੰ ਗੁਰੂ ਨੇ (ਹੀ ਤਾਪ ਤੋਂ) ਬਚਾਇਆ ਹੈ । ਹੇ ਨਾਨਕ! ਸਿਰਜਣਹਾਰ ਕਰਤਾਰ ਵੱਡੀਆਂ ਤਾਕਤਾਂ ਦਾ ਮਾਲਕ ਹੈ । ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਸ਼ਬਦ (ਹੀ) ਉਚਾਰਨਾ ਚਾਹੀਦਾ ਹੈ । (ਗੁਰੂ ਨੇ ਇਹ) ਸਹੀ ਬਚਨ ਉਚਾਰਿਆ ਹੈ (ਠੀਕ ਉਪਦੇਸ਼ ਦਿੱਤਾ ਹੈ) ।੨।੧੮।੪੬।

ਸੋਰਠਿ ਮਹਲਾ ੫ ॥ ਭਏ ਕ੍ਰਿਪਾਲ ਸੁਆਮੀ ਮੇਰੇ ਤਿਤੁ ਸਾਚੈ ਦਰਬਾਰਿ ॥ ਸਤਿਗੁਰਿ ਤਾਪੁ ਗਵਾਇਆ ਭਾਈ ਠਾਂਢਿ ਪਈ ਸੰਸਾਰਿ ॥ ਅਪਣੇ ਜੀਅ ਜੰਤ ਆਪੇ ਰਾਖੇ ਜਮਹਿ ਕੀਓ ਹਟਤਾਰਿ ॥੧॥ ਹਰਿ ਕੇ ਚਰਣ ਰਿਦੈ ਉਰਿ ਧਾਰਿ ॥ ਸਦਾ ਸਦਾ ਪ੍ਰਭੁ ਸਿਮਰੀਐ ਭਾਈ ਦੁਖ ਕਿਲਬਿਖ ਕਾਟਣਹਾਰੁ ॥੧॥ ਰਹਾਉ ॥ ਤਿਸ ਕੀ ਸਰਣੀ ਊਬਰੈ ਭਾਈ ਜਿਨਿ ਰਚਿਆ ਸਭੁ ਕੋਇ ॥ ਕਰਣ

ਕਾਰਣ ਸਮਰਥੁ ਸੋ ਭਾਈ ਸਚੈ ਸਚੀ ਸੋਇ ॥ ਨਾਨਕ ਪ੍ਰਭੁ ਧਿਆਈਐ ਭਾਈ ਮਨੁ ਤਨੁ ਸੀਤਲੁ ਹੋਇ ॥੨॥੧੯॥੪੭॥ {ਪੰਨਾ 620}

ਪਦਅਰਥ:- ਤਿਤੁ—ਉਸ ਵਿਚ । ਤਿਤੁ ਦਰਬਾਰਿ—ਉਸ ਦਰਬਾਰ ਵਿਚ । ਤਿਤੁ ਸਾਚੈ ਦਰਬਾਰਿ—ਉਸ ਸਦਾ ਕਾਇਮ ਰਹਿਣ ਵਾਲੇ ਦਰਬਾਰ ਵਿਚ । ਸਤਿਗੁਰਿ—ਗੁਰੂ ਨੇ । ਠਾਂਢਿ—ਠੰਢ । ਸੰਸਾਰਿ—ਸੰਸਾਰ ਵਿਚ । ਜਮਹਿ—ਜਮ ਨੇ । ਹਟਤਾਰਿ—ਹੜਤਾਲ, ਹੱਟੀ ਨੂੰ ਤਾਲਾ, ਦੁਕਾਨ-ਬੰਦੀ ।੧।

ਰਿਦੈ—ਹਿਰਦੈ ਵਿਚ । ਉਰਿ ਧਾਰਿ—ਹਿਰਦੇ ਵਿਚ ਟਿਕਾਈ ਰੱਖ । ਸਿਮਰੀਐ—ਸਿਮਰਨਾ ਚਾਹੀਦਾ ਹੈ । ਭਾਈ—ਹੇ ਭਾਈ! ਕਿਲਬਿਖ—ਪਾਪ । ਕਾਟਣਹਾਰੁ—ਕੱਟਣ ਦੀ ਤਾਕਤ ਰੱਖਣ ਵਾਲਾ ।੧।ਰਹਾਉ।

ਤਿਸ ਕੀ—{ਲਫ਼ਜ਼ 'ਤਿਸੁ' ਦਾ ੍ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ} । ਉਬਰੈ—ਬਚ ਜਾਂਦਾ ਹੈ । ਜਿਨਿ—ਜਿਸ (ਪਰਮਾਤਮਾ) ਨੇ । ਸਭੁ ਕੋਇ—ਹਰੇਕ ਜੀਵ । ਕਰਣ ਕਾਰਣ—ਜਗਤ ਦਾ ਮੂਲ । ਸਚੈ—ਸਦਾ ਕਾਇਮ ਰਹਿਣ ਵਾਲੇ ਦੀ । ਸਚੀ—ਸਦਾ ਕਾਇਮ ਰਹਿਣ ਵਾਲੀ । ਸੋਇ—ਸੋਭਾ । ਸੀਤਲੁ—ਸ਼ਾਂਤ ।੨।

ਅਰਥ:- ਹੇ ਭਾਈ! ਪਰਮਾਤਮਾ ਦੇ ਚਰਨ ਆਪਣੇ ਹਿਰਦੇ ਵਿਚ ਟਿਕਾਈ ਰੱਖ । ਹੇ ਭਾਈ! ਪਰਮਾਤਮਾ ਨੂੰ ਸਦਾ ਸਦਾ ਹੀ ਸਿਮਰਨਾ ਚਾਹੀਦਾ ਹੈ । ਉਹ ਪਰਮਾਤਮਾ ਹੀ ਸਾਰੇ ਦੁੱਖਾਂ ਪਾਪਾਂ ਦਾ ਨਾਸ ਕਰਨ ਵਾਲਾ ਹੈ ।੧।ਰਹਾਉ।

ਹੇ ਭਾਈ! ਜਿਸ ਮਨੁੱਖ ਉੱਤੇ ਮੇਰੇ ਮਾਲਕ-ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਸ ਸਦਾ ਕਾਇਮ ਰਹਿਣ ਵਾਲੇ ਦਰਬਾਰ ਵਿਚ (ਉਸ ਦੀ ਪਹੁੰਚ ਹੋ ਜਾਂਦੀ ਹੈ । ਉਸ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਜੁੜਨ ਲੱਗ ਪੈਂਦੀ ਹੈ । ਪ੍ਰਭੂ ਦੀ ਕਿਰਪਾ ਨਾਲ ਜਦੋਂ) ਗੁਰੂ ਨੇ (ਉਸ ਦਾ ਦੁੱਖਾਂ ਪਾਪਾਂ ਦਾ) ਤਾਪ ਦੂਰ ਕਰ ਦਿੱਤਾ (ਤਾਂ ਉਸ ਦੇ ਵਾਸਤੇ ਸਾਰੇ) ਸੰਸਾਰ ਵਿਚ ਹੀ ਸ਼ਾਂਤੀ ਵਰਤ ਜਾਂਦੀ ਹੈ (ਜਗਤ ਦਾ ਕੋਈ ਦੁੱਖ ਪਾਪ ਉਸ ਨੂੰ ਪੋਹ ਨਹੀਂ ਸਕਦਾ) । ਹੇ ਭਾਈ! ਪ੍ਰਭੂ ਆਪ ਹੀ ਆਪਣੇ ਸੇਵਕਾਂ ਦੀ (ਦੁੱਖਾਂ ਪਾਪਾਂ ਵਲੋਂ) ਰਾਖੀ ਕਰਦਾ ਹੈ, ਆਤਮਕ ਮੌਤ ਉਹਨਾਂ ਨੂੰ ਪੋਹ ਨਹੀਂ ਸਕਦੀ (ਜਮ ਉਹਨਾਂ ਉੱਤੇ ਆਪਣਾ ਪ੍ਰਭਾਵ ਪਾਣ ਦਾ ਜਤਨ ਛੱਡ ਦੇਂਦਾ ਹੈ) ।੧।

ਹੇ ਭਾਈ! ਜਿਸ ਪਰਮਾਤਮਾ ਨੇ ਹਰੇਕ ਜੀਵ ਪੈਦਾ ਕੀਤਾ ਹੈ (ਜੇਹੜਾ ਮਨੁੱਖ) ਉਸ ਦੀ ਸ਼ਰਨ ਪੈਂਦਾ ਹੈ ਉਹ (ਦੁੱਖਾਂ ਪਾਪਾਂ ਤੋਂ) ਬਚ ਜਾਂਦਾ ਹੈ । ਹੇ ਭਾਈ! ਉਹ ਪਰਮਾਤਮਾ ਸਾਰੇ ਜਗਤ ਦਾ ਮੂਲ ਹੈ, ਸਭ ਤਾਕਤਾਂ ਦਾ ਮਾਲਕ ਹੈ, ਉਸ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸੋਭਾ ਭੀ ਸਦਾ ਕਾਇਮ ਰਹਿਣ ਵਾਲੀ ਹੈ । ਹੇ ਨਾਨਕ! (ਆਖ—) ਹੇ ਭਾਈ! ਉਸ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ, (ਸਿਮਰਨ ਦੀ ਬਰਕਤਿ ਨਾਲ) ਮਨ ਸ਼ਾਂਤ ਹੋ ਜਾਂਦਾ ਹੈ, ਤਨ ਸ਼ਾਂਤ ਹੋ ਜਾਂਦਾ ਹੈ ।੨।੧੯।੪੭।

ਸੋਰਠਿ ਮਹਲਾ ੫ ॥ ਸੰਤਹੁ ਹਰਿ ਹਰਿ ਨਾਮੁ ਧਿਆਈ ॥ ਸੁਖ ਸਾਗਰ ਪ੍ਰਭੁ ਵਿਸਰਉ ਨਾਹੀ ਮਨ ਚਿੰਦਿਅੜਾ ਫਲੁ ਪਾਈ ॥੧॥ ਰਹਾਉ ॥ ਸਤਿਗੁਰਿ ਪੂਰੈ ਤਾਪੁ ਗਵਾਇਆ ਅਪਣੀ ਕਿਰਪਾ ਧਾਰੀ ॥ ਪਾਰਬ੍ਰਹਮ ਪ੍ਰਭ ਭਏ ਦਇਆਲਾ ਦੁਖੁ ਮਿਟਿਆ ਸਭ ਪਰਵਾਰੀ ॥੧॥ ਸਰਬ ਨਿਧਾਨ ਮੰਗਲ ਰਸ ਰੂਪਾ ਹਰਿ ਕਾ ਨਾਮੁ ਅਧਾਰੋ ॥ ਨਾਨਕ ਪਤਿ ਰਾਖੀ ਪਰਮੇਸਰਿ ਉਧਰਿਆ ਸਭੁ ਸੰਸਾਰੋ ॥੨॥੨੦॥੪੮॥ {ਪੰਨਾ 620}

ਪਦਅਰਥ:- ਸੰਤਹੁ—ਹੇ ਸੰਤ ਜਨੋ! ਧਿਆਈ—ਧਿਆਈਂ, ਮੈਂ ਧਿਆਉਂਦਾ ਰਹਾਂ । ਸਾਗਰ—ਸਮੁੰਦਰ । ਵਿਸਰਉ ਨਾਹੀ—ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ । (ਵੇਖੋ 'ਗੁਰਬਾਣੀ ਵਿਆਕਰਣ') } ਭੁੱਲ

ਨਾਹ ਜਾਏ । ਚਿੰਦਿਅੜਾ—ਚਿਤਵਿਆ । ਪਾਈ—ਪਾਈਂ, ਮੈਂ ਪ੍ਰਾਪਤ ਕਰਾਂ ।੧।

ਸਤਿਗੁਰਿ—ਗੁਰੂ ਨੇ । ਪਰਵਾਰੀ—ਪਰਵਾਰ ਦਾ ।੧।

ਨਿਧਾਨ—ਖ਼ਜ਼ਾਨੇ । ਅਧਾਰੋ—ਆਸਰਾ । ਪਤਿ—ਇੱਜ਼ਤ । ਪਰਮੇਸਰਿ—ਪਰਮੇਸਰ ਨੇ । ਸਭੁ—ਸਾਰਾ । ਉਧਰਿਆ—ਬਚਾ ਲਿਆ ।੨।

ਅਰਥ:- ਹੇ ਸੰਤ ਜਨੋ! (ਅਰਦਾਸ ਕਰੋ ਕਿ) ਮੈਂ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਾਂ । ਸੁਖਾਂ ਦਾ ਸਮੁੰਦਰ ਪਰਮਾਤਮਾ ਮੈਨੂੰ ਕਦੇ ਨਾਹ ਭੁੱਲੇ, ਮੈਂ (ਉਸ ਦੇ ਦਰ ਤੋਂ) ਮਨ-ਇੱਛਤ ਫਲ ਪ੍ਰਾਪਤ ਕਰਦਾ ਰਹਾਂ ।੧।ਰਹਾਉ।

ਹੇ ਸੰਤ ਜਨੋ! ਪੂਰੇ ਗੁਰੂ ਨੇ (ਬਾਲਕ ਹਰਿ ਗੋਬਿੰਦ ਦਾ) ਤਾਪ ਲਾਹ ਦਿੱਤਾ, ਗੁਰੂ ਨੇ ਆਪਣੀ ਕਿਰਪਾ ਕੀਤੀ ਹੈ । ਪਰਮਾਤਮਾ ਦਇਆਵਾਨ ਹੋਇਆ ਹੈ, ਸਾਰੇ ਪਰਵਾਰ ਦਾ ਦੁੱਖ ਮਿਟ ਗਿਆ ਹੈ ।੧।

ਹੇ ਸੰਤ ਜਨੋ! ਪਰਮਾਤਮਾ ਦਾ ਨਾਮ ਹੀ (ਸਾਡਾ) ਆਸਰਾ ਹੈ, ਨਾਮ ਹੀ ਸਾਰੀਆਂ ਖ਼ੁਸ਼ੀਆਂ ਰਸਾਂ ਰੂਪਾਂ ਦਾ ਖ਼ਜ਼ਾਨਾ ਹੈ । ਹੇ ਨਾਨਕ! (ਆਖ—) ਪਰਮੇਸਰ ਨੇ (ਸਾਡੀ) ਇੱਜ਼ਤ ਰੱਖ ਲਈ ਹੈ ਪਰਮੇਸ਼ਰ ਹੀ ਸਾਰੇ ਸੰਸਾਰ ਦੀ ਰੱਖਿਆ ਕਰਨ ਵਾਲਾ ਹੈ ।੨।੨੦।੪੮।

ਸੋਰਠਿ ਮਹਲਾ ੫ ॥ ਮੇਰਾ ਸਤਿਗੁਰੁ ਰਖਵਾਲਾ ਹੋਆ ॥ ਧਾਰਿ ਕ੍ਰਿਪਾ ਪ੍ਰਭ ਹਾਥ ਦੇ ਰਾਖਿਆ ਹਰਿ ਗੋਵਿਦੁ ਨਵਾ ਨਿਰੋਆ ॥੧॥ ਰਹਾਉ ॥ ਤਾਪੁ ਗਇਆ ਪ੍ਰਭਿ ਆਪਿ ਮਿਟਾਇਆ ਜਨ ਕੀ ਲਾਜ ਰਖਾਈ ॥ ਸਾਧਸੰਗਤਿ ਤੇ ਸਭ ਫਲ ਪਾਏ ਸਤਿਗੁਰ ਕੈ ਬਲਿ ਜਾਂਈ ॥੧॥ ਹਲਤੁ ਪਲਤੁ ਪ੍ਰਭ ਦੋਵੈ ਸਵਾਰੇ ਹਮਰਾ ਗੁਣੁ ਅਵਗੁਣੁ ਨ ਬੀਚਾਰਿਆ ॥ ਅਟਲ ਬਚਨੁ ਨਾਨਕ ਗੁਰ ਤੇਰਾ ਸਫਲ ਕਰੁ ਮਸਤਕਿ ਧਾਰਿਆ ॥੨॥੨੧॥੪੯॥ {ਪੰਨਾ 620}

ਪਦਅਰਥ:- ਧਾਰਿ—ਧਾਰ ਕੇ । ਪ੍ਰਭਿ—ਪ੍ਰਭੂ ਨੇ । ਨਵਾ ਨਿਰੋਆ—ਬਿਲਕੁਲ ਅਰੋਗ ।੧।ਰਹਾਉ।

ਪ੍ਰਭਿ—ਪ੍ਰਭੂ ਨੇ । ਲਾਜ—ਇੱਜ਼ਤ । ਤੇ—ਤੋਂ, ਪਾਸੋਂ । ਬਲਿ ਜਾਂਈ—ਮੈਂ ਕੁਰਬਾਨ ਜਾਂਦਾ ਹਾਂ ।੧।

ਹਲਤੁ—{A>} ਇਹ ਲੋਕ । ਪਲਤੁ {pr>} ਪਰ ਲੋਕ । ਹਮਰਾ—ਅਸਾਂ ਜੀਵਾਂ ਦਾ । ਅਟਲ—ਕਦੇ ਨਾਹ ਟਲਣ ਵਾਲਾ । ਨਾਨਕ—ਹੇ ਨਾਨਕ! ਗੁਰ—ਹੇ ਗੁਰੂ! ਸਫਲ—ਫਲ ਦੇਣ ਵਾਲਾ, ਬਰਕਤਿ ਵਾਲਾ । ਕਰੁ—ਹੱਥ । ਮਸਤਕਿ—ਮੱਥੇ ਉੱਤੇ ।੨।

ਅਰਥ:- ਹੇ ਭਾਈ! ਮੇਰਾ ਗੁਰੂ (ਮੇਰਾ) ਸਹਾਈ ਬਣਿਆ ਹੈ, (ਗੁਰੂ ਦੀ ਸ਼ਰਨ ਦੀ ਬਰਕਤਿ ਨਾਲ) ਪ੍ਰਭੂ ਨੇ ਕਿਰਪਾ ਕਰ ਕੇ (ਆਪਣੇ) ਹੱਥ ਦੇ ਕੇ (ਬਾਲਕ ਹਰਿ ਗੋਬਿੰਦ ਨੂੰ) ਬਚਾ ਲਿਆ ਹੈ, (ਹੁਣ ਬਾਲਕ) ਹਰਿ ਗੋਬਿੰਦ ਬਿਲਕੁਲ ਰਾਜ਼ੀ-ਬਾਜ਼ੀ ਹੋ ਗਿਆ ਹੈ ।੧।

(ਹੇ ਭਾਈ! ਬਾਲਕ ਹਰਿ ਗੋਬਿੰਦ ਦਾ) ਤਾਪ ਲਹਿ ਗਿਆ ਹੈ, ਪ੍ਰਭੂ ਨੇ ਆਪ ਉਤਾਰਿਆ ਹੈ, ਪ੍ਰਭੂ ਨੇ ਆਪਣੇ ਸੇਵਕ ਦੀ ਇੱਜ਼ਤ ਰੱਖ ਲਈ ਹੈ । ਹੇ ਭਾਈ! ਗੁਰੂ ਦੀ ਸੰਗਤਿ ਤੋਂ (ਮੈਂ) ਸਾਰੇ ਫਲ ਪ੍ਰਾਪਤ ਕੀਤੇ ਹਨ, ਮੈਂ (ਸਦਾ) ਗੁਰੂ ਤੋਂ (ਹੀ) ਕੁਰਬਾਨ ਜਾਂਦਾ ਹਾਂ ।੧।

(ਹੇ ਭਾਈ ਜੇਹੜਾ ਭੀ ਮਨੁੱਖ ਪ੍ਰਭੂ ਦਾ ਪੱਲਾ ਫੜੀ ਰੱਖਦਾ ਹੈ, ਉਸ ਦਾ) ਇਹ ਲੋਕ ਤੇ ਪਰਲੋਕ ਦੋਵੇਂ ਹੀ ਪਰਮਾਤਮਾ ਸਵਾਰ ਦੇਂਦਾ ਹੈ, ਅਸਾਂ ਜੀਵਾਂ ਦਾ ਕੋਈ ਗੁਣ ਜਾਂ ਔਗੁਣ ਪਰਮਾਤਮਾ ਚਿੱਤ ਵਿਚ ਨਹੀਂ ਰੱਖਦਾ ।

ਹੇ ਨਾਨਕ! (ਆਖ—) ਹੇ ਗੁਰੂ! ਤੇਰਾ (ਇਹ) ਬਚਨ ਕਦੇ ਟਲਣ ਵਾਲਾ ਨਹੀਂ (ਕਿ ਪਰਮਾਤਮਾ ਹੀ ਜੀਵ ਦਾ ਲੋਕ ਪਰਲੋਕ ਵਿਚ ਰਾਖਾ ਹੈ) । ਹੇ ਗੁਰੂ! ਤੂੰ ਆਪਣਾ ਬਰਕਤਿ ਵਾਲਾ ਹੱਥ (ਅਸਾਂ ਜੀਵਾਂ ਦੇ) ਮੱਥੇ ਉੱਤੇ ਰੱਖਦਾ ਹੈਂ ।੨।੨੧।੪੯।

ਸੋਰਠਿ ਮਹਲਾ ੫ ॥ ਜੀਅ ਜੰਤ੍ਰ ਸਭਿ ਤਿਸ ਕੇ ਕੀਏ ਸੋਈ ਸੰਤ ਸਹਾਈ ॥ ਅਪੁਨੇ ਸੇਵਕ ਕੀ ਆਪੇ ਰਾਖੈ ਪੂਰਨ ਭਈ ਬਡਾਈ ॥੧॥ ਪਾਰਬ੍ਰਹਮੁ ਪੂਰਾ ਮੇਰੈ ਨਾਲਿ ॥ ਗੁਰਿ ਪੂਰੈ ਪੂਰੀ ਸਭ ਰਾਖੀ ਹੋਏ ਸਰਬ ਦਇਆਲ ॥੧॥ ਰਹਾਉ ॥ ਅਨਦਿਨੁ ਨਾਨਕੁ ਨਾਮੁ ਧਿਆਏ ਜੀਅ ਪ੍ਰਾਨ ਕਾ ਦਾਤਾ ॥ ਅਪੁਨੇ ਦਾਸ ਕਉ ਕੰਠਿ ਲਾਇ ਰਾਖੈ ਜਿਉ ਬਾਰਿਕ ਪਿਤ ਮਾਤਾ ॥੨॥੨੨॥੫੦॥ {ਪੰਨਾ 621}

ਪਦਅਰਥ:- ਸਭਿ—ਸਾਰੇ । ਤਿਸ ਕੇ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ} । ਸੋਈ—ਉਹ (ਪ੍ਰਭੂ) ਹੀ । ਸਹਾਈ—ਮਦਦਗਾਰ । ਆਪੇ—ਆਪ ਹੀ । ਬਡਾਈ—ਇੱਜ਼ਤ ।੧।

ਗੁਰਿ ਪੂਰੇ—ਪੂਰੇ ਗੁਰੂ ਨੇ । ਸਰਬ—ਸਾਰਿਆਂ ਉੱਤੇ ।ਰਹਾਉ।

ਅਨਦਿਨੁ—ਹਰ ਰੋਜ਼ {Anidnw}, ਹਰ ਵੇਲੇ । ਨਾਨਕੁ ਧਿਆਏ—ਨਾਨਕ ਧਿਆਉਂਦਾ ਹੈ । ਜੀਅ ਕਾ ਦਾਤਾ—ਜਿੰਦ ਦਾ ਦੇਣ ਵਾਲਾ । ਕਉ—ਨੂੰ । ਕੰਠਿ—ਗਲ ਨਾਲ । ਲਾਇ—ਲਾ ਕੇ । ਪਿਤ—ਪਿਤਾ ।੨।

ਅਰਥ:- ਹੇ ਭਾਈ! ਪੂਰਨ ਪਰਮਾਤਮਾ (ਸਦਾ) ਮੇਰੇ ਅੰਗ-ਸੰਗ (ਸਹਾਈ) ਹੈ । ਪੂਰੇ ਗੁਰੂ ਨੇ ਚੰਗੀ ਤਰ੍ਹਾਂ ਮੇਰੀ (ਇੱਜ਼ਤ) ਰੱਖ ਲਈ ਹੈ । ਗੁਰੂ ਸਾਰੇ ਜੀਵਾਂ ਉੱਤੇ ਹੀ ਦਇਆਵਾਨ ਰਹਿੰਦਾ ਹੈ ।੧।ਰਹਾਉ।

ਹੇ ਭਾਈ! ਸਾਰੇ ਜੀਵ ਉਸ (ਪਰਮਾਤਮਾ) ਦੇ ਹੀ ਪੈਦਾ ਕੀਤੇ ਹੋਏ ਹਨ; ਉਹ ਪਰਮਾਤਮਾ ਹੀ ਸੰਤ ਜਨਾਂ ਦਾ ਮਦਦਗਾਰ ਰਹਿੰਦਾ ਹੈ । ਆਪਣੇ ਸੇਵਕ ਦੀ (ਇੱਜ਼ਤ) ਪਰਮਾਤਮਾ ਆਪ ਹੀ ਰੱਖਦਾ ਹੈ (ਉਸ ਦੀ ਕਿਰਪਾ ਨਾਲ ਹੀ ਸੇਵਕ ਦੀ) ਇੱਜ਼ਤ ਪੂਰੇ ਤੌਰ ਤੇ ਬਣੀ ਰਹਿੰਦੀ ਹੈ ।੧।

ਹੇ ਭਾਈ! ਨਾਨਕ (ਤਾਂ ਉਸ ਪਰਮਾਤਮਾ ਦਾ) ਨਾਮ ਹਰ ਵੇਲੇ ਸਿਮਰਦਾ ਰਹਿੰਦਾ ਹੈ ਜੋ ਜਿੰਦ ਦੇਣ ਵਾਲਾ ਹੈ ਜੋ ਸੁਆਸ ਦੇਣ ਵਾਲਾ ਹੈ । ਹੇ ਭਾਈ! ਜਿਵੇਂ ਮਾਪੇ ਆਪਣੇ ਬੱਚਿਆਂ ਦਾ ਧਿਆਨ ਰੱਖਦੇ ਹਨ, ਤਿਵੇਂ ਪਰਮਾਤਮਾ ਆਪਣੇ ਸੇਵਕ ਨੂੰ (ਆਪਣੇ) ਗਲ ਨਾਲ ਲਾ ਕੇ ਰੱਖਦਾ ਹੈ ।੨।੨੨।੫੦।

ਸੋਰਠਿ ਮਹਲਾ ੫ ਘਰੁ ੩ ਚਉਪਦੇ ੴ ਸਤਿਗੁਰ ਪ੍ਰਸਾਦਿ ॥ ਮਿਲਿ ਪੰਚਹੁ ਨਹੀ ਸਹਸਾ ਚੁਕਾਇਆ ॥ ਸਿਕਦਾਰਹੁ ਨਹ ਪਤੀਆਇਆ ॥ ਉਮਰਾਵਹੁ ਆਗੈ ਝੇਰਾ ॥ ਮਿਲਿ ਰਾਜਨ ਰਾਮ ਨਿਬੇਰਾ ॥੧॥ ਅਬ ਢੂਢਨ ਕਤਹੁ ਨ ਜਾਈ ॥ ਗੋਬਿਦ ਭੇਟੇ ਗੁਰ ਗੋਸਾਈ ॥ ਰਹਾਉ ॥ ਆਇਆ ਪ੍ਰਭ ਦਰਬਾਰਾ ॥ ਤਾ ਸਗਲੀ ਮਿਟੀ ਪੂਕਾਰਾ ॥ ਲਬਧਿ ਆਪਣੀ ਪਾਈ ॥ ਤਾ ਕਤ ਆਵੈ ਕਤ ਜਾਈ ॥੨॥ ਤਹ ਸਾਚ ਨਿਆਇ ਨਿਬੇਰਾ ॥ ਊਹਾ ਸਮ ਠਾਕੁਰੁ ਸਮ ਚੇਰਾ ॥ ਅੰਤਰਜਾਮੀ ਜਾਨੈ ॥ ਬਿਨੁ ਬੋਲਤ ਆਪਿ ਪਛਾਨੈ ॥੩॥ ਸਰਬ ਥਾਨ ਕੋ ਰਾਜਾ ॥ ਤਹ ਅਨਹਦ ਸਬਦ ਅਗਾਜਾ ॥ ਤਿਸੁ ਪਹਿ ਕਿਆ ਚਤੁਰਾਈ ॥ ਮਿਲੁ ਨਾਨਕ ਆਪੁ ਗਵਾਈ ॥੪॥੧॥੫੧॥ {ਪੰਨਾ 621}

ਪਦਅਰਥ:- ਮਿਲਿ—ਮਿਲ ਕੇ {ਲਫ਼ਜ਼ 'ਮਿਲਿ' ਅਤੇ ਅਖ਼ੀਰਲੀ ਤੁਕ ਦੇ ਲਫ਼ਜ਼ 'ਮਿਲੁ' ਦਾ ਫ਼ਰਕ ਧਿਆਨ

ਨਾਲ ਵੇਖੋ} । ਮਿਲਿ ਪੰਚਹੁ—(ਨਗਰ ਦੇ) ਪੈਂਚਾਂ ਨੂੰ ਮਿਲ ਕੇ । ਸਹਸਾ—(ਕਾਮਾਦਿਕ ਵੈਰੀਆਂ ਵਲੋਂ ਪੈ ਰਿਹਾ) ਸਹਿਮ । ਚੁਕਾਇਆ—ਮੁਕਾਇਆ । ਸਿਕਦਾਰਹੁ—ਸਰਦਾਰਾਂ ਤੋਂ । ਪਤੀਆਇਆ—ਪਤੀਜ ਸਕਿਆ । ਉਮਰਾਵਹੁ ਆਗੈ—ਸਰਕਾਰੀ ਹਾਕਮਾਂ ਦੇ ਸਾਹਮਣੇ । ਝੇਰਾ—ਝਗੜਾ । ਰਾਜਨ ਰਾਮ—ਪ੍ਰਭੂ ਪਾਤਿਸ਼ਾਹ । ਨਿਬੇਰਾ—ਨਿਬੇੜਾ, ਫ਼ੈਸਲਾ ।੧।

ਕਤਹੁ—ਕਿਤੇ ਭੀ । ਭੇਟੇ—ਮਿਲ ਪਏ । ਗੋਸਾਈ—ਧਰਤੀ ਦਾ ਮਾਲਕ ।ਰਹਾਉ।

ਪੂਕਾਰਾ—(ਕਾਮਾਦਿਕ ਵੈਰੀਆਂ ਦੇ ਵਿਰੁੱਧ) ਸ਼ਿਕੈਤ । ਲਬਧਿ—ਜਿਸ ਚੀਜ਼ ਦੇ ਪ੍ਰਾਪਤ ਕਰਨ ਦੀ ਲੋੜ ਸੀ । ਕਤ—ਕਿੱਥੇ? ਤਾ—ਤਦੋਂ ।੨।

ਤਹ—ਉੱਥੇ, ਪ੍ਰਭੂ ਦੇ ਦਰਬਾਰ ਵਿਚ । ਸਾਚ ਨਿਆਇ—ਸਦਾ ਕਾਇਮ ਰਹਿਣ ਵਾਲੇ ਨਿਆਂ ਅਨੁਸਾਰ । ਸਮ—ਬਰਾਬਰ । ਠਾਕੁਰੁ—ਮਾਲਕ । ਚੇਰਾ—ਨੌਕਰ । ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ ।੩।

ਕੋ—ਦਾ । ਤਹ—ਉੱਥੇ, 'ਸਰਬ ਥਾਨ ਕੋ ਰਾਜਾ' ਨਾਲ ਮੇਲ-ਅਵਸਥਾ ਵਿਚ । ਅਨਹਦ—ਇਕ-ਰਸ, ਬਿਨਾ ਵਜਾਏ, ਲਗਾਤਾਰ । ਸਬਦ—ਸਿਫ਼ਤਿ-ਸਾਲਾਹ ਦੀ ਬਾਣੀ । ਅਗਾਜਾ—ਗੱਜ ਪਈ, ਪੂਰਾ ਪ੍ਰਭਾਵ ਪਾਂਦੀ ਹੈ । ਪਹਿ—ਪਾਸ । ਆਪੁ—ਆਪਾ-ਭਾਵ । ਗਵਾਈ—ਗਵਾ ਕੇ ।੪।

ਅਰਥ:- ਜਦੋਂ ਗੋਬਿੰਦ ਨੂੰ, ਗੁਰੂ ਨੂੰ ਸ੍ਰਿਸ਼ਟੀ ਦੇ ਖਸਮ ਨੂੰ ਮਿਲ ਪਏ, ਤਦੋਂ ਹੁਣ (ਕਾਮਾਦਿਕ ਵੈਰੀਆਂ ਤੋਂ ਪੈ ਰਹੇ ਸਹਿਮ ਤੋਂ ਬਚਣ ਲਈ) ਕਿਸੇ ਹੋਰ ਥਾਂ (ਆਸਰਾ) ਭਾਲਣ ਦੀ ਲੋੜ ਨਾਹ ਰਹਿ ਗਈ ।ਰਹਾਉ।

ਹੇ ਭਾਈ! ਨਗਰ ਦੇ ਪੈਂਚਾਂ ਨੂੰ ਮਿਲ ਕੇ (ਕਾਮਾਦਿਕ ਵੈਰੀਆਂ ਤੋਂ ਪੈ ਰਿਹਾ) ਸਹਿਮ ਦੂਰ ਨਹੀਂ ਕੀਤਾ ਜਾ ਸਕਦਾ । ਸਰਦਾਰਾਂ ਲੋਕਾਂ ਤੋਂ ਭੀ ਤਸੱਲੀ ਨਹੀਂ ਮਿਲ ਸਕਦੀ (ਕਿ ਇਹ ਵੈਰੀ ਤੰਗ ਨਹੀਂ ਕਰਨਗੇ) ਸਰਕਾਰੀ ਹਾਕਮਾਂ ਅੱਗੇ ਭੀ ਇਹ ਝਗੜਾ (ਪੇਸ਼ ਕੀਤਿਆਂ ਕੁਝ ਨਹੀਂ ਬਣਦਾ) ਪ੍ਰਭੂ ਪਾਤਿਸ਼ਾਹ ਨੂੰ ਮਿਲ ਕੇ ਫ਼ੈਸਲਾ ਹੋ ਜਾਂਦਾ ਹੈ (ਤੇ, ਕਾਮਾਦਿਕ ਵੈਰੀਆਂ ਦਾ ਡਰ ਮੁੱਕ ਜਾਂਦਾ ਹੈ) ।੧।

ਹੇ ਭਾਈ! ਜਦੋਂ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਪਹੁੰਚਦਾ ਹੈ (ਚਿੱਤ ਜੋੜਦਾ ਹੈ), ਤਦੋਂ ਇਸ ਦੀ (ਕਾਮਾਦਿਕ ਵੈਰੀਆਂ ਦੇ ਵਿਰੁੱਧ) ਸਾਰੀ ਸ਼ਿਕੈਤ ਮੁੱਕ ਜਾਂਦੀ ਹੈ । ਤਦੋਂ ਮਨੁੱਖ ਉਹ ਵਸਤ ਹਾਸਲ ਕਰ ਲੈਂਦਾ ਹੈ ਜੋ ਸਦਾ ਇਸ ਦੀ ਆਪਣੀ ਬਣੀ ਰਹਿੰਦੀ ਹੈ, ਤਦੋਂ ਵਿਕਾਰਾਂ ਦੇ ਢਹੇ ਚੜ੍ਹ ਕੇ ਭਟਕਣੋਂ ਬਚ ਜਾਂਦਾ ਹੈ ।੨।

ਹੇ ਭਾਈ! ਪ੍ਰਭੂ ਦੀ ਹਜ਼ੂਰੀ ਵਿਚ ਸਦਾ ਕਾਇਮ ਰਹਿਣ ਵਾਲੇ ਨਿਆਂ ਅਨੁਸਾਰ (ਕਾਮਾਦਿਕਾਂ ਨਾਲ ਹੋ ਰਹੀ ਟੱਕਰ ਦਾ) ਫ਼ੈਸਲਾ ਹੋ ਜਾਂਦਾ ਹੈ । ਉਸ ਦਰਗਾਹ ਵਿਚ (ਜਾਬਰਾਂ ਦਾ ਕੋਈ ਲਿਹਾਜ਼ ਨਹੀਂ ਕੀਤਾ ਜਾਂਦਾ) ਮਾਲਕ ਤੇ ਨੌਕਰ ਇਕੋ ਜਿਹਾ ਸਮਝਿਆ ਜਾਂਦਾ ਹੈ । ਹਰੇਕ ਦੇ ਦਿਲ ਦੀ ਜਾਣਨ ਵਾਲਾ ਪ੍ਰਭੂ (ਹਜ਼ੂਰੀ ਵਿਚ ਪਹੁੰਚੇ ਹੋਏ ਸਵਾਲੀਏ ਦੇ ਦਿਲ ਦੀ) ਜਾਣਦਾ ਹੈ, (ਉਸ ਦੇ) ਬੋਲਣ ਤੋਂ ਬਿਨਾ ਉਹ ਪ੍ਰਭੂ ਆਪ (ਉਸ ਦੇ ਦਿਲ ਦੀ ਪੀੜਾ ਨੂੰ) ਸਮਝ ਲੈਂਦਾ ਹੈ ।੩।

ਹੇ ਭਾਈ! ਪ੍ਰਭੂ ਸਾਰੇ ਥਾਵਾਂ ਦਾ ਮਾਲਕ ਹੈ, ਉਸ ਨਾਲ ਮਿਲਾਪ-ਅਵਸਥਾ ਵਿਚ ਮਨੁੱਖ ਦੇ ਅੰਦਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਇਕ-ਰਸ ਪੂਰਾ ਪ੍ਰਭਾਵ ਪਾ ਲੈਂਦੀ ਹੈ (ਤੇ, ਮਨੁੱਖ ਉੱਤੇ ਕਾਮਾਦਿਕ ਵੈਰੀ ਆਪਣਾ ਜ਼ੋਰ ਨਹੀਂ ਪਾ ਸਕਦੇ) । (ਪਰ, ਹੇ ਭਾਈ! ਉਸ ਨੂੰ ਮਿਲਣ ਵਾਸਤੇ) ਉਸ ਨਾਲ ਕੋਈ ਚਲਾਕੀ ਨਹੀਂ ਕੀਤੀ ਜਾ ਸਕਦੀ । ਹੇ ਨਾਨਕ! (ਆਖ—ਹੇ ਭਾਈ! ਜੇ ਉਸ ਨੂੰ ਮਿਲਣਾ ਹੈ, ਤਾਂ) ਆਪਾ-ਭਾਵ ਗਵਾ ਕੇ (ਉਸ ਨੂੰ) ਮਿਲ ।੪।੧।੫੧।

ਨੋਟ—ਇਥੋਂ 'ਘਰੁ ੩' ਦੇ ਸ਼ਬਦ ਸ਼ੁਰੂ ਹੋਏ ਹਨ । ਅਖ਼ੀਰ ਤੇ ਅੰਕ ੧ ਇਹੀ ਦੱਸਦਾ ਹੈ ।

ਸੋਰਠਿ ਮਹਲਾ ੫ ॥ ਹਿਰਦੈ ਨਾਮੁ ਵਸਾਇਹੁ ॥ ਘਰਿ ਬੈਠੇ ਗੁਰੂ ਧਿਆਇਹੁ ॥ ਗੁਰਿ ਪੂਰੈ ਸਚੁ ਕਹਿਆ ॥ ਸੋ ਸੁਖੁ ਸਾਚਾ ਲਹਿਆ ॥੧॥ ਅਪੁਨਾ ਹੋਇਓ ਗੁਰੁ ਮਿਹਰਵਾਨਾ ॥ ਅਨਦ ਸੂਖ ਕਲਿਆਣ ਮੰਗਲ ਸਿਉ ਘਰਿ ਆਏ ਕਰਿ ਇਸਨਾਨਾ ॥ ਰਹਾਉ ॥ ਸਾਚੀ ਗੁਰ ਵਡਿਆਈ ॥ ਤਾ ਕੀ ਕੀਮਤਿ ਕਹਣੁ ਨ ਜਾਈ ॥ ਸਿਰਿ ਸਾਹਾ ਪਾਤਿਸਾਹਾ ॥ ਗੁਰ ਭੇਟਤ ਮਨਿ ਓਮਾਹਾ ॥੨॥ ਸਗਲ ਪਰਾਛਤ ਲਾਥੇ ॥ ਮਿਲਿ ਸਾਧਸੰਗਤਿ ਕੈ ਸਾਥੇ ॥ ਗੁਣ ਨਿਧਾਨ ਹਰਿ ਨਾਮਾ ॥ ਜਪਿ ਪੂਰਨ ਹੋਏ ਕਾਮਾ ॥੩॥ ਗੁਰਿ ਕੀਨੋ ਮੁਕਤਿ ਦੁਆਰਾ ॥ ਸਭ ਸ੍ਰਿਸਟਿ ਕਰੈ ਜੈਕਾਰਾ ॥ ਨਾਨਕ ਪ੍ਰਭੁ ਮੇਰੈ ਸਾਥੇ ॥ ਜਨਮ ਮਰਣ ਭੈ ਲਾਥੇ ॥੪॥੨॥੫੨॥ {ਪੰਨਾ 621}

ਪਦਅਰਥ:- ਹਿਰਦੈ—ਹਿਰਦੇ ਵਿਚ । ਘਰਿ—ਘਰ ਵਿਚ ਹਿਰਦੇ ਵਿਚ, ਅੰਤਰ-ਆਤਮੇ । ਬੈਠੇ—ਟਿਕ ਕੇ । ਗੁਰਿ—ਗੁਰੂ ਨੇ । ਸਚੁ—ਸਦਾ-ਥਿਰ ਹਰਿ-ਨਾਮ (ਦਾ ਸਿਮਰਨ) । ਲਹਿਆ—ਲੱਭਾ । ਸਾਚਾ—ਸਦਾ ਕਾਇਮ ਰਹਿਣ ਵਾਲਾ ।੧।

ਕਲਿਆਣ—ਖ਼ੈਰੀਅਤ । ਸਿਉ—ਨਾਲ । ਘਰਿ—ਘਰ ਵਿਚ, ਹਿਰਦੇ ਵਿਚ, ਅੰਤਰ-ਆਤਮੇ । ਕਰਿ ਇਸਨਾਨ—ਇਸ਼ਨਾਨ ਕਰ ਕੇ, ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਵਿਚ ਚੁੱਭੀ ਲਾ ਕੇ, ਨਾਮ-ਜਲ ਨਾਲ ਮਨ ਨੂੰ ਪਵਿਤ੍ਰ ਕਰ ਕੇ ।ਰਹਾਉ।

ਵਡਿਆਈ—ਆਤਮਕ ਉੱਚਤਾ । ਸਾਚੀ—ਸਦਾ-ਥਿਰ ਰਹਿਣ ਵਾਲੀ । ਸਿਰਿ—ਸਿਰ ਉਤੇ । ਗੁਰ ਭੇਟਤ—ਗੁਰੂ ਨੂੰ ਮਿਲਦਿਆਂ । ਮਨਿ—ਮਨ ਵਿਚ । ਓਮਾਹਾ—ਉਤਸ਼ਾਹ ।੨।

ਸਗਲ—ਸਾਰੇ । ਪਰਾਛਤ—ਪਾਪ । ਮਿਲਿ—ਮਿਲ ਕੇ । ਸਾਥੇ—ਸਾਥ ਵਿਚ, ਨਾਲ । ਨਿਧਾਨ—ਖ਼ਜ਼ਾਨੇ ।੩।

ਗੁਰਿ—ਗੁਰੂ ਨੇ । ਕੀਨੋ—ਬਣਾ ਦਿੱਤਾ । ਮੁਕਤਿ ਦੁਆਰਾ—ਪਾਪਾਂ ਤੋਂ ਖ਼ਲਾਸੀ ਪ੍ਰਾਪਤ ਕਰਨ ਦਾ ਦਰਵਾਜ਼ਾ । ਜੈਕਾਰਾ—ਸੋਭਾ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} ।੪।

ਅਰਥ:- ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਪਿਆਰਾ ਗੁਰੂ ਦਇਆਵਾਨ ਹੁੰਦਾ ਹੈ, ਉਹ ਮਨੁੱਖ ਨਾਮ-ਜਲ ਨਾਲ ਮਨ ਨੂੰ ਪਵਿਤ੍ਰ ਕਰ ਕੇ ਆਤਮਕ ਆਨੰਦ ਸੁਖ ਖ਼ੁਸ਼ੀਆਂ ਨਾਲ ਭਰਪੂਰ ਹੋ ਕੇ ਅੰਤਰ-ਆਤਮੇ ਟਿਕ ਜਾਂਦੇ ਹਨ (ਵਿਕਾਰਾਂ ਆਦਿਕਾਂ ਵਲ ਭਟਕਣੋਂ ਹਟ ਜਾਂਦੇ ਹਨ) ।ਰਹਾਉ।

ਹੇ ਭਾਈ! ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵਸਾਈ ਰੱਖੋ । ਅੰਤਰ-ਆਤਮੇ ਟਿਕ ਕੇ ਗੁਰੂ ਦਾ ਧਿਆਨ ਧਰਿਆ ਕਰੋ । ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਸਦਾ-ਥਿਰ ਹਰਿ-ਨਾਮ (ਦੇ ਸਿਮਰਨ) ਦਾ ਉਪਦੇਸ਼ ਦਿੱਤਾ, ਉਸ ਨੇ ਉਹ ਆਤਮਕ ਆਨੰਦ ਪ੍ਰਾਪਤ ਕਰ ਲਿਆ ਜੋ ਸਦਾ ਕਾਇਮ ਰਹਿੰਦਾ ਹੈ ।੧।

ਹੇ ਭਾਈ! ਗੁਰੂ ਦੀ ਆਤਮਕ ਉੱਚਤਾ ਸਦਾ-ਥਿਰ ਰਹਿਣ ਵਾਲੀ ਹੈ, ਉਸ ਦੀ ਕਦਰ-ਕੀਮਤ ਨਹੀਂ ਦੱਸੀ ਜਾ ਸਕਦੀ । ਗੁਰੂ (ਦੁਨੀਆ ਦੇ) ਸ਼ਾਹ ਦੇ ਸਿਰ ਉੱਤੇ ਪਾਤਿਸ਼ਾਹ ਹੈ । ਗੁਰੂ ਨੂੰ ਮਿਲਿਆਂ ਮਨ ਵਿਚ (ਹਰੀ-ਨਾਮ ਸਿਮਰਨ ਦਾ) ਚਾਉ ਪੈਦਾ ਹੋ ਜਾਂਦਾ ਹੈ ।੨।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਮਿਲ ਕੇ ਸਾਰੇ ਪਾਪ ਲਹਿ ਜਾਂਦੇ ਹਨ, (ਗੁਰੂ ਦੀ ਸੰਗਤਿ ਦੀ ਬਰਕਤਿ ਨਾਲ)

ਸਾਰੇ ਗੁਣਾਂ ਦੇ ਖ਼ਜ਼ਾਨੇ ਹਰਿ-ਨਾਮ ਨੂੰ ਜਪ ਜਪ ਕੇ (ਜ਼ਿੰਦਗੀ ਦੇ) ਸਾਰੇ ਮਨੋਰਥ ਸਫਲ ਹੋ ਜਾਂਦੇ ਹਨ ।੩।

ਹੇ ਭਾਈ! ਗੁਰੂ ਨੇ (ਹਰਿ-ਨਾਮ ਸਿਮਰਨ ਦਾ ਇਕ ਐਸਾ) ਦਰਵਾਜ਼ਾ ਤਿਆਰ ਕਰ ਦਿੱਤਾ ਹੈ (ਜੋ ਵਿਕਾਰਾਂ ਤੋਂ ਖ਼ਲਾਸੀ (ਕਰਾ ਦੇਂਦਾ ਹੈ) । (ਗੁਰੂ ਦੀ ਇਸ ਦਾਤਿ ਦੇ ਕਾਰਨ) ਸਾਰੀ ਸ੍ਰਿਸ਼ਟੀ (ਗੁਰੂ ਦੀ) ਸੋਭਾ ਕਰਦੀ ਹੈ । ਹੇ ਨਾਨਕ! (ਆਖ—ਗੁਰੂ ਦੀ ਕਿਰਪਾ ਨਾਲ ਹਰਿ-ਨਾਮ ਹਿਰਦੇ ਵਿਚ ਵਸਾਇਆਂ) ਪਰਮਾਤਮਾ ਮੇਰੇ ਅੰਗ-ਸੰਗ (ਵੱਸਦਾ ਪ੍ਰਤੀਤ ਹੋ ਰਿਹਾ ਹੈ) ਮੇਰੇ ਜਨਮ ਮਰਨ ਦੇ ਸਾਰੇ ਡਰ ਲਹਿ ਗਏ ਹਨ ।੪।੨।੫੨।

ਸੋਰਠਿ ਮਹਲਾ ੫ ॥ ਗੁਰਿ ਪੂਰੈ ਕਿਰਪਾ ਧਾਰੀ ॥ ਪ੍ਰਭਿ ਪੂਰੀ ਲੋਚ ਹਮਾਰੀ ॥ ਕਰਿ ਇਸਨਾਨੁ ਗ੍ਰਿਹਿ ਆਏ ॥ ਅਨਦ ਮੰਗਲ ਸੁਖ ਪਾਏ ॥੧॥ ਸੰਤਹੁ ਰਾਮ ਨਾਮਿ ਨਿਸਤਰੀਐ ॥ ਊਠਤ ਬੈਠਤ ਹਰਿ ਹਰਿ ਧਿਆਈਐ ਅਨਦਿਨੁ ਸੁਕ੍ਰਿਤੁ ਕਰੀਐ ॥੧॥ ਰਹਾਉ ॥ ਸੰਤ ਕਾ ਮਾਰਗੁ ਧਰਮ ਕੀ ਪਉੜੀ ਕੋ ਵਡਭਾਗੀ ਪਾਏ ॥ ਕੋਟਿ ਜਨਮ ਕੇ ਕਿਲਬਿਖ ਨਾਸੇ ਹਰਿ ਚਰਣੀ ਚਿਤੁ ਲਾਏ ॥੨॥ ਉਸਤਤਿ ਕਰਹੁ ਸਦਾ ਪ੍ਰਭ ਅਪਨੇ ਜਿਨਿ ਪੂਰੀ ਕਲ ਰਾਖੀ ॥ ਜੀਅ ਜੰਤ ਸਭਿ ਭਏ ਪਵਿਤ੍ਰਾ ਸਤਿਗੁਰ ਕੀ ਸਚੁ ਸਾਖੀ ॥੩॥ ਬਿਘਨ ਬਿਨਾਸਨ ਸਭਿ ਦੁਖ ਨਾਸਨ ਸਤਿਗੁਰਿ ਨਾਮੁ ਦ੍ਰਿੜਾਇਆ ॥ ਖੋਏ ਪਾਪ ਭਏ ਸਭਿ ਪਾਵਨ ਜਨ ਨਾਨਕ ਸੁਖਿ ਘਰਿ ਆਇਆ ॥੪॥੩॥੫੩॥ {ਪੰਨਾ 621-622}

ਪਦਅਰਥ:- ਗੁਰਿ—ਗੁਰੂ ਨੇ । ਪ੍ਰਭਿ—ਪ੍ਰਭੂ ਨੇ । ਲੋਚ—ਤਾਂਘ । ਕਰਿ ਇਸਨਾਨੁ—ਮਨ ਨੂੰ ਨਾਮ ਜਲ ਨਾਲ ਪਵਿਤ੍ਰ ਕਰ ਕੇ । ਗ੍ਰਿਹਿ ਆਏ—ਅੰਤਰ-ਆਤਮੇ ਟਿਕ ਗਏ ਹਾਂ, ਮਾਇਆ ਦੀ ਖ਼ਾਤਰ ਭਟਕਣ ਤੋਂ ਬਚ ਗਏ ਹਾਂ ।੧।

ਨਾਮਿ—ਨਾਮ ਵਿਚ (ਜੁੜ ਕੇ ਹੀ) । ਨਿਸਤਰੀਐ—ਪਾਰ ਲੰਘ ਸਕੀਦਾ ਹੈ । ਧਿਆਈਐ—ਧਿਆਉਣਾ ਚਾਹੀਦਾ ਹੈ । ਅਨਦਿਨੁ—ਹਰਿ ਰੋਜ਼, ਹਰ ਵੇਲੇ । ਸੁਕ੍ਰਿਤੁ—ਨੇਕ ਕਰਮ । ਕਰੀਐ—ਕਰਨਾ ਚਾਹੀਦਾ ਹੈ ।੧।ਰਹਾਉ।

ਮਾਰਗੁ—(ਜੀਵਨ ਦਾ) ਰਸਤਾ । ਕੋ—ਕੋਈ ਵਿਰਲਾ । ਕੋਟਿ—ਕ੍ਰੋੜਾਂ । ਕਿਲਬਿਖ—ਪਾਪ ।੨।

ਉਸਤਤਿ—ਸਿਫ਼ਤਿ-ਸਾਲਾਹ । ਜਿਨਿ—ਜਿਸ (ਪ੍ਰਭੂ) ਨੇ । ਕਲ—ਕਲਾ, ਤਾਕਤ । ਸਭਿ—ਸਾਰੇ । ਸਾਖੀ—ਸਿੱਖਿਆ । ਸਚੁ—ਸਦਾ-ਥਿਰ ਹਰਿ-ਨਾਮ (ਦਾ ਸਿਮਰਨ) ।੩।

ਸਤਿਗੁਰਿ—ਗੁਰੂ ਨੇ । ਦ੍ਰਿੜਾਇਆ—ਹਿਰਦੇ ਵਿਚ ਪੱਕਾ ਕਰ ਦਿੱਤਾ । ਸਭਿ—ਸਾਰੇ । ਪਾਵਨ—ਪਵਿੱਤ੍ਰ । ਸੁਖਿ—ਆਨੰਦ ਨਾਲ । ਘਰਿ—ਘਰ ਵਿਚ, ਹਿਰਦੇ ਵਿਚ, ਅੰਤਰ-ਆਤਮੇ ।੪।

ਅਰਥ:- ਹੇ ਸੰਤ ਜਨੋ! ਪਰਮਾਤਮਾ ਦੇ ਨਾਮ ਵਿਚ (ਜੁੜਿਆਂ ਹੀ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕੀਦਾ ਹੈ । (ਇਸ ਵਾਸਤੇ) ਉਠਦਿਆਂ ਬੈਠਦਿਆਂ ਹਰ ਵੇਲੇ ਹਰਿ-ਨਾਮ ਸਿਮਰਨਾ ਚਾਹੀਦਾ ਹੈ, (ਹਰਿ-ਨਾਮ ਸਿਮਰਨ ਦੀ ਇਹ) ਨੇਕ ਕਮਾਈ ਹਰ ਵੇਲੇ ਕਰਨੀ ਚਾਹੀਦੀ ਹੈ ।੧।ਰਹਾਉ।

(ਹੇ ਸੰਤ ਜਨੋ! ਜਦੋਂ ਤੋਂ) ਪੂਰੇ ਗੁਰੂ ਨੇ ਮੇਹਰ ਕੀਤੀ ਹੈ, ਪ੍ਰਭੂ ਨੇ ਸਾਡੀ (ਨਾਮ ਸਿਮਰਨ ਦੀ) ਤਾਂਘ ਪੂਰੀ ਕਰ ਦਿੱਤੀ ਹੈ । (ਨਾਮ ਸਿਮਰਨ ਦੀ ਬਰਕਤਿ ਨਾਲ) ਆਤਮਕ ਇਸ਼ਨਾਨ ਕਰ ਕੇ ਅਸੀ ਅੰਤਰ-ਆਤਮੇ ਟਿਕੇ ਰਹਿੰਦੇ ਹਾਂ । ਆਤਮਕ ਆਨੰਦ ਆਤਮਕ ਖ਼ੁਸ਼ੀਆਂ ਆਤਮਕ ਸੁਖ ਮਾਣ ਰਹੇ ਹਾਂ ।੧।

(ਹੇ ਸੰਤ ਜਨੋ! ਸਿਮਰਨ ਕਰਨਾ ਹੀ ਇਨਸਾਨ ਵਾਸਤੇ) ਗੁਰੂ ਦਾ (ਦੱਸਿਆ ਹੋਇਆ ਸਹੀ) ਰਸਤਾ ਹੈ, (ਸਿਮਰਨ ਹੀ) ਧਰਮ ਦੀ ਪਉੜੀ ਹੈ (ਜਿਸ ਦੀ ਰਾਹੀਂ ਮਨੁੱਖ ਪ੍ਰਭੂ-ਚਰਨਾਂ ਵਿਚ ਪਹੁੰਚ ਸਕਦਾ ਹੈ, ਪਰ) ਕੋਈ ਵਿਰਲਾ ਭਾਗਾਂ ਵਾਲਾ (ਇਹ ਪਉੜੀ) ਲੱਭਦਾ ਹੈ । ਜੇਹੜਾ ਮਨੁੱਖ (ਸਿਮਰਨ ਦੀ ਰਾਹੀਂ) ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜਦਾ ਹੈ, ਉਸ ਦੇ ਕ੍ਰੋੜਾਂ ਜਨਮਾਂ ਦੇ ਪਾਪ ਨਾਸ ਹੋ ਜਾਂਦੇ ਹਨ ।

ਹੇ ਸੰਤ ਜਨੋ! ਜਿਸ ਪਰਮਾਤਮਾ ਨੇ (ਸਾਰੇ ਸੰਸਾਰ ਵਿਚ ਆਪਣੀ) ਪੂਰੀ ਸੱਤਿਆ ਟਿਕਾ ਰੱਖੀ ਹੈ, ਉਸ ਦੀ ਸਿਫ਼ਤਿ-ਸਾਲਾਹ ਸਦਾ ਕਰਦੇ ਰਿਹਾ ਕਰੋ । ਹੇ ਭਾਈ! ਉਹ ਸਾਰੇ ਹੀ ਪ੍ਰਾਣੀ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ, ਜੇਹੜੇ ਸਦਾ-ਥਿਰ ਹਰਿ-ਨਾਮ ਸਿਮਰਨ ਵਾਲੀ ਗੁਰੂ ਦੀ ਸਿੱਖਿਆ ਨੂੰ ਗ੍ਰਹਿਣ ਕਰਦੇ ਹਨ ।੩।

ਹੇ ਨਾਨਕ! (ਆਖ—ਜੀਵਨ ਦੇ ਰਸਤੇ ਵਿਚੋਂ ਸਾਰੀਆਂ) ਰੁਕਾਵਟਾਂ ਦੂਰ ਕਰਨ ਵਾਲਾ, ਸਾਰੇ ਦੁੱਖ ਨਾਸ ਕਰਨ ਵਾਲਾ ਹਰਿ-ਨਾਮ ਗੁਰੂ ਨੇ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪੱਕਾ ਕਰ ਦਿੱਤਾ, ਉਹਨਾਂ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ, ਉਹ ਸਾਰੇ ਪਵਿਤ੍ਰ ਜੀਵਨ ਵਾਲੇ ਬਣ ਜਾਂਦੇ ਹਨ, ਉਹ ਆਤਮਕ ਆਨੰਦ ਨਾਲ ਅੰਤਰ-ਆਤਮੇ ਟਿਕੇ ਰਹਿੰਦੇ ਹਨ ।੪।੩।੫੩।

ਸੋਰਠਿ ਮਹਲਾ ੫ ॥ ਸਾਹਿਬੁ ਗੁਨੀ ਗਹੇਰਾ ॥ ਘਰੁ ਲਸਕਰੁ ਸਭੁ ਤੇਰਾ ॥ ਰਖਵਾਲੇ ਗੁਰ ਗੋਪਾਲਾ ॥ ਸਭਿ ਜੀਅ ਭਏ ਦਇਆਲਾ ॥੧॥ ਜਪਿ ਅਨਦਿ ਰਹਉ ਗੁਰ ਚਰਣਾ ॥ ਭਉ ਕਤਹਿ ਨਹੀ ਪ੍ਰਭ ਸਰਣਾ ॥ ਰਹਾਉ ॥ ਤੇਰਿਆ ਦਾਸਾ ਰਿਦੈ ਮੁਰਾਰੀ ॥ ਪ੍ਰਭਿ ਅਬਿਚਲ ਨੀਵ ਉਸਾਰੀ ॥ ਬਲੁ ਧਨੁ ਤਕੀਆ ਤੇਰਾ ॥ ਤੂ ਭਾਰੋ ਠਾਕੁਰੁ ਮੇਰਾ ॥੨॥ ਜਿਨਿ ਜਿਨਿ ਸਾਧਸੰਗੁ ਪਾਇਆ ॥ ਸੋ ਪ੍ਰਭਿ ਆਪਿ ਤਰਾਇਆ ॥ ਕਰਿ ਕਿਰਪਾ ਨਾਮ ਰਸੁ ਦੀਆ ॥ ਕੁਸਲ ਖੇਮ ਸਭ ਥੀਆ ॥੩॥ ਹੋਏ ਪ੍ਰਭੂ ਸਹਾਈ ॥ ਸਭ ਉਠਿ ਲਾਗੀ ਪਾਈ ॥ ਸਾਸਿ ਸਾਸਿ ਪ੍ਰਭੁ ਧਿਆਈਐ ॥ ਹਰਿ ਮੰਗਲੁ ਨਾਨਕ ਗਾਈਐ ॥੪॥੪॥੫੪॥ {ਪੰਨਾ 622}

ਪਦਅਰਥ:- ਗੁਨੀ—ਗੁਣਾਂ ਦਾ ਮਾਲਕ । ਗਹੇਰਾ—ਗਹਿਰਾ, ਡੂੰਘਾ । ਘਰੁ ਲਸਕਰੁ—ਘਰ ਅਤੇ ਪਰਵਾਰ ਆਦਿਕ । ਗੁਰ—ਹੇ ਗੁਰੂ! ਗੋਪਾਲਾ—ਹੇ ਗੋਪਾਲਾ! ਰਖਵਾਲਾ—ਹੇ ਰਾਖੇ! ਸਭਿ ਜੀਅ—ਸਾਰੇ ਜੀਵਾਂ ਉੱਤੇ ।੧।

ਅਨਦਿ—ਆਤਮਕ ਆਨੰਦ ਵਿਚ । ਰਹਉ—ਰਹਉਂ, ਮੈਂ ਰਹਿੰਦਾ ਹਾਂ । ਕਤਹਿ—ਕਿਤੇ ਭੀ ।ਰਹਾਉ।

ਮੁਰਾਰੀ—{ਮੁਰ-ਅਰਿ} ਪਰਮਾਤਮਾ । ਰਿਦੈ—ਹਿਰਦੇ ਵਿਚ । ਪ੍ਰਭਿ—ਪ੍ਰਭੂ ਨੇ । ਅਬਿਚਲ ਨੀਵ—(ਭਗਤੀ ਦੀ) ਕਦੇ ਨਾਹ ਹਿੱਲਣ ਵਾਲੀ ਨੀਂਹ । ਤਕੀਆ—ਆਸਰਾ । ਭਾਰੋ—ਵੱਡਾ । ਠਾਕੁਰੁ—ਮਾਲਕ ।੨।

ਜਿਨਿ—ਜਿਸ (ਮਨੁੱਖ) ਨੇ । ਪ੍ਰਭਿ—ਪ੍ਰਭੂ ਨੇ । ਤਰਾਇਆ—ਪਾਰ ਲੰਘਾ ਲਿਆ । ਰਸੁ—ਸੁਆਦ । ਕੁਸਲ ਖੇਮ—ਸੁਖ ਆਨੰਦ ।੩।

ਸਹਾਈ—ਮਦਦਗਾਰ । ਪਾਈ—ਪੈਰੀਂ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਮੰਗਲੁ—ਸਿਫ਼ਤਿ-ਸਾਲਾਹ ਦਾ ਗੀਤ ।੪।

ਅਰਥ:- ਹੇ ਭਾਈ! ਗੁਰੂ ਦੇ ਚਰਨਾਂ ਨੂੰ ਹਿਰਦੇ ਵਿਚ ਵਸਾ ਕੇ ਮੈਂ ਆਤਮਕ ਆਨੰਦ ਵਿਚ ਟਿਕਿਆ ਰਹਿੰਦਾ ਹਾਂ । ਹੇ ਭਾਈ! ਪ੍ਰਭੂ ਦੀ ਸ਼ਰਨ ਪਿਆਂ ਕਿਤੇ ਭੀ ਕੋਈ ਡਰ ਪੋਹ ਨਹੀਂ ਸਕਦਾ ।ਰਹਾਉ।

ਹੇ ਸਭ ਤੋਂ ਵੱਡੇ! ਹੇ ਸ੍ਰਿਸ਼ਟੀ ਦੇ ਪਾਲਨਹਾਰ! ਹੇ ਸਭ ਜੀਵਾਂ ਦੇ ਰਾਖੇ! ਤੂੰ ਸਾਰੇ ਜੀਵਾਂ ਉੱਤੇ ਦਇਆਵਾਨ ਰਹਿੰਦਾ ਹੈਂ । ਤੂੰ ਸਭ ਦਾ ਮਾਲਕ ਹੈਂ, ਤੂੰ ਗੁਣਾਂ ਦਾ ਮਾਲਕ ਹੈਂ, ਤੂੰ ਡੂੰਘੇ ਜਿਗਰੇ ਵਾਲਾ ਹੈਂ । (ਜੀਵਾਂ ਨੂੰ) ਸਾਰਾ ਘਰ-ਘਾਟ ਤੇਰਾ ਹੀ ਦਿੱਤਾ ਹੋਇਆ ਹੈ ।੧।

ਹੇ ਪ੍ਰਭੂ! ਤੇਰੇ ਸੇਵਕਾਂ ਦੇ ਹਿਰਦੇ ਵਿਚ ਹੀ ਨਾਮ ਵੱਸਦਾ ਹੈ । ਹੇ ਪ੍ਰਭੂ! ਤੂੰ (ਆਪਣੇ ਦਾਸਾਂ ਦੇ ਹਿਰਦੇ ਵਿਚ ਭਗਤੀ ਦੀ) ਕਦੇ ਨਾਹ ਹਿੱਲਣ ਵਾਲੀ ਨੀਂਹ ਰੱਖ ਦਿੱਤੀ ਹੋਈ ਹੈ । ਹੇ ਪ੍ਰਭੂ! ਤੂੰ ਹੀ ਮੇਰਾ ਬਲ ਹੈਂ, ਤੂੰ ਹੀ ਮੇਰਾ ਧਨ ਹੈ, ਤੇਰਾ ਹੀ ਮੈਨੂੰ ਆਸਰਾ ਹੈ । ਤੂੰ ਮੇਰਾ ਸਭ ਤੋਂ ਵੱਡਾ ਮਾਲਕ ਹੈਂ ।੨।

ਹੇ ਭਾਈ! ਜਿਸ ਜਿਸ ਮਨੁੱਖ ਨੇ ਗੁਰੂ ਦੀ ਸੰਗਤਿ ਪ੍ਰਾਪਤ ਕੀਤੀ ਹੈ, ਉਸ ਉਸ ਨੂੰ ਪ੍ਰਭੂ ਨੇ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ ਹੈ । ਜਿਸ ਮਨੁੱਖ ਨੂੰ ਪ੍ਰਭੂ ਨੇ ਮੇਹਰ ਕਰ ਕੇ ਆਪਣੇ ਨਾਮ ਦਾ ਸੁਆਦ ਬਖ਼ਸ਼ਿਆ ਹੈ, ਉਸ ਦੇ ਅੰਦਰ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ ।੩।

ਹੇ ਭਾਈ! ਪਰਮਾਤਮਾ ਜਿਸ ਮਨੁੱਖ ਦਾ ਮਦਦਗਾਰ ਬਣਦਾ ਹੈ, ਸਾਰੀ ਲੁਕਾਈ ਉਸ ਦੇ ਪੈਰੀਂ ਉੱਠ ਕੇ ਆ ਲੱਗਦੀ ਹੈ । ਹੇ ਨਾਨਕ! ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ । ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਰਹਿਣਾ ਚਾਹੀਦਾ ਹੈ ।੪।੪।੫੪।

ਸੋਰਠਿ ਮਹਲਾ ੫ ॥ ਸੁਖ ਸਹਜ ਆਨੰਦਾ ॥ ਪ੍ਰਭੁ ਮਿਲਿਓ ਮਨਿ ਭਾਵੰਦਾ ॥ ਪੂਰੈ ਗੁਰਿ ਕਿਰਪਾ ਧਾਰੀ ॥ ਤਾ ਗਤਿ ਭਈ ਹਮਾਰੀ ॥੧॥ ਹਰਿ ਕੀ ਪ੍ਰੇਮ ਭਗਤਿ ਮਨੁ ਲੀਨਾ ॥ ਨਿਤ ਬਾਜੇ ਅਨਹਤ ਬੀਨਾ ॥ ਰਹਾਉ ॥ ਹਰਿ ਚਰਣ ਕੀ ਓਟ ਸਤਾਣੀ ॥ ਸਭ ਚੂਕੀ ਕਾਣਿ ਲੋਕਾਣੀ ॥ ਜਗਜੀਵਨੁ ਦਾਤਾ ਪਾਇਆ ॥ ਹਰਿ ਰਸਕਿ ਰਸਕਿ ਗੁਣ ਗਾਇਆ ॥੨॥ ਪ੍ਰਭ ਕਾਟਿਆ ਜਮ ਕਾ ਫਾਸਾ ॥ ਮਨ ਪੂਰਨ ਹੋਈ ਆਸਾ ॥ ਜਹ ਪੇਖਾ ਤਹ ਸੋਈ ॥ ਹਰਿ ਪ੍ਰਭ ਬਿਨੁ ਅਵਰੁ ਨ ਕੋਈ ॥੩॥ ਕਰਿ ਕਿਰਪਾ ਪ੍ਰਭਿ ਰਾਖੇ ॥ ਸਭਿ ਜਨਮ ਜਨਮ ਦੁਖ ਲਾਥੇ ॥ ਨਿਰਭਉ ਨਾਮੁ ਧਿਆਇਆ ॥ ਅਟਲ ਸੁਖੁ ਨਾਨਕ ਪਾਇਆ ॥੪॥੫॥੫੫॥ {ਪੰਨਾ 622}

ਪਦਅਰਥ:- ਸਹਜ—ਆਤਮਕ ਅਡੋਲਤਾ । ਮਨਿ—ਮਨ ਵਿਚ । ਭਾਵੰਦਾ—ਪਿਆਰਾ ਲੱਗਣ ਵਾਲਾ । ਗੁਰਿ—ਗੁਰੂ ਨੇ । ਗਤਿ—ਉੱਚੀ ਆਤਮਕ ਅਵਸਥਾ ।੧।

ਪ੍ਰੇਮ ਭਗਤਿ—ਪਿਆਰ-ਭਰੀ ਭਗਤੀ । ਬਾਜੇ—ਵੱਜਦੀ ਹੈ । ਅਨਹਦ—ਇਕ-ਰਸ, ਲਗਾਤਾਰ ।ਰਹਾਉ।

ਓਟ—ਆਸਰਾ । ਸਤਾਣੀ—ਸ-ਤਾਣੀ, ਤਾਣ ਵਾਲੀ, ਤਕੜੀ । ਕਾਣਿ—ਮੁਥਾਜੀ । ਲੋਕਾਣੀ—ਲੋਕਾਂ ਦੀ । ਜਗਜੀਵਨੁ—ਜਗਤ ਦਾ ਜੀਵਨ, ਜਗਤ ਦਾ ਜੀਵਨ-ਦਾਤਾ । ਰਸਕਿ—ਪ੍ਰੇਮ ਨਾਲ, ਰਸ ਲੈ ਲੈ ਕੇ ।੨।

ਫਾਹਾ—ਫਾਹੀ । ਜਹ—ਜਿੱਥੇ । ਪੇਖਾ—ਪੇਖਾਂ, ਮੈਂ ਵੇਖਦਾ ਹਾਂ । ਤਹ—ਉੱਥੇ ।੩।

ਪ੍ਰਭਿ—ਪ੍ਰਭੂ ਨੇ । ਸਭਿ—ਸਾਰੇ । ਅਟਲ—ਕਦੇ ਨਾਹ ਮੁੱਕਣ ਵਾਲਾ ।੪।

ਅਰਥ:- ਹੇ ਭਾਈ! ਜਿਸ ਮਨੁੱਖ ਦਾ ਮਨ ਪਰਮਾਤਮਾ ਦੀ ਪਿਆਰ-ਭਰੀ ਭਗਤੀ ਵਿਚ ਟਿਕਿਆ ਰਹਿੰਦਾ ਹੈ, ਉਸ ਦੇ ਅੰਦਰ ਸਦਾ ਇਕ-ਰਸ (ਆਤਮਕ ਆਨੰਦ ਦੀ, ਮਾਨੋ,) ਬੀਣਾ ਵੱਜਦੀ ਰਹਿੰਦੀ ਹੈ ।ਰਹਾਉ।

(ਹੇ ਭਾਈ! ਜਦੋਂ ਤੋਂ) ਪੂਰੇ ਗੁਰੂ ਨੇ (ਮੇਰੇ ਉੱਤੇ) ਮੇਹਰ ਕੀਤੀ ਹੈ ਤਦੋਂ ਦੀ ਮੇਰੀ ਉੱਚੀ ਆਤਮਕ ਅਵਸਥਾ

ਬਣ ਗਈ ਹੈ, (ਮੈਨੂੰ) ਮਨ ਵਿਚ ਪਿਆਰਾ ਲੱਗਣ ਵਾਲਾ ਪਰਮਾਤਮਾ ਮਿਲ ਪਿਆ ਹੈ, ਮੇਰੇ ਅੰਦਰ ਆਤਮਕ ਅਡੋਲਤਾ ਦੇ ਸੁਖ ਆਨੰਦ ਬਣੇ ਰਹਿੰਦੇ ਹਨ ।੧।

ਹੇ ਭਾਈ! ਜਿਸ ਮਨੁੱਖ ਨੇ ਪ੍ਰਭੂ-ਚਰਨਾਂ ਦਾ ਬਲਵਾਨ ਆਸਰਾ ਲੈ ਲਿਆ, ਦੁਨੀਆ ਦੇ ਲੋਕਾਂ ਵਾਲੀ ਉਸ ਦੀ ਸਾਰੀ ਮੁਥਾਜੀ ਮੁੱਕ ਗਈ । ਉਸ ਨੂੰ ਜਗਤ ਦਾ ਸਹਾਰਾ ਦਾਤਾਰ ਪ੍ਰਭੂ ਮਿਲ ਪੈਂਦਾ ਹੈ । ਉਹ ਸਦਾ ਬੜੇ ਪ੍ਰੇਮ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ।੨।

ਹੇ ਭਾਈ! ਮੇਰੀ ਭੀ ਪ੍ਰਭੂ ਨੇ ਜਮ ਦੀ ਫਾਹੀ ਕੱਟ ਦਿੱਤੀ ਹੈ, ਮੇਰੇ ਮਨ ਦੀ (ਇਹ ਚਿਰਾਂ ਦੀ) ਆਸ ਪੂਰੀ ਹੋ ਗਈ ਹੈ । ਹੁਣ ਮੈਂ ਜਿਧਰ ਵੇਖਦਾ ਹਾਂ, ਮੈਨੂੰ ਉਸ ਪਰਮਾਤਮਾ ਤੋਂ ਬਿਨਾ ਕੋਈ ਹੋਰ ਦਿਖਾਈ ਨਹੀਂ ਦੇਂਦਾ ।੩।

ਹੇ ਨਾਨਕ! ਪ੍ਰਭੂ ਨੇ ਕਿਰਪਾ ਕਰ ਕੇ ਜਿਨ੍ਹਾਂ ਦੀ ਰੱਖਿਆ ਕੀਤੀ, ਉਹਨਾਂ ਦੇ ਅਨੇਕਾਂ ਜਨਮਾਂ ਦੇ ਸਾਰੇ ਦੁੱਖ ਦੂਰ ਹੋ ਗਏ । ਜਿਨ੍ਹਾਂ ਨੇ ਨਿਰਭਉ ਪ੍ਰਭੂ ਦਾ ਨਾਮ ਸਿਮਰਿਆ, ਉਹਨਾਂ ਉਹ ਆਤਮਕ ਆਨੰਦ ਪ੍ਰਾਪਤ ਕਰ ਲਿਆ ਜੋ ਕਦੇ ਦੂਰ ਨਹੀਂ ਹੁੰਦਾ ।੪।੫।੫੫।

ਸੋਰਠਿ ਮਹਲਾ ੫ ॥ ਠਾਢਿ ਪਾਈ ਕਰਤਾਰੇ ॥ ਤਾਪੁ ਛੋਡਿ ਗਇਆ ਪਰਵਾਰੇ ॥ ਗੁਰਿ ਪੂਰੈ ਹੈ ਰਾਖੀ ॥ ਸਰਣਿ ਸਚੇ ਕੀ ਤਾਕੀ ॥੧॥ ਪਰਮੇਸਰੁ ਆਪਿ ਹੋਆ ਰਖਵਾਲਾ ॥ ਸਾਂਤਿ ਸਹਜ ਸੁਖ ਖਿਨ ਮਹਿ ਉਪਜੇ ਮਨੁ ਹੋਆ ਸਦਾ ਸੁਖਾਲਾ ॥ ਰਹਾਉ ॥ ਹਰਿ ਹਰਿ ਨਾਮੁ ਦੀਓ ਦਾਰੂ ॥ ਤਿਨਿ ਸਗਲਾ ਰੋਗੁ ਬਿਦਾਰੂ ॥ ਅਪਣੀ ਕਿਰਪਾ ਧਾਰੀ ॥ ਤਿਨਿ ਸਗਲੀ ਬਾਤ ਸਵਾਰੀ ॥੨॥ ਪ੍ਰਭਿ ਅਪਨਾ ਬਿਰਦੁ ਸਮਾਰਿਆ ॥ ਹਮਰਾ ਗੁਣੁ ਅਵਗੁਣੁ ਨ ਬੀਚਾਰਿਆ ॥ ਗੁਰ ਕਾ ਸਬਦੁ ਭਇਓ ਸਾਖੀ ॥ ਤਿਨਿ ਸਗਲੀ ਲਾਜ ਰਾਖੀ ॥੩॥ ਬੋਲਾਇਆ ਬੋਲੀ ਤੇਰਾ ॥ ਤੂ ਸਾਹਿਬੁ ਗੁਣੀ ਗਹੇਰਾ ॥ ਜਪਿ ਨਾਨਕ ਨਾਮੁ ਸਚੁ ਸਾਖੀ ॥ ਅਪੁਨੇ ਦਾਸ ਕੀ ਪੈਜ ਰਾਖੀ ॥੪॥੬॥੫੬॥ {ਪੰਨਾ 622}

ਪਦਅਰਥ:- ਠਾਢਿ—ਠੰਢ, ਸ਼ਾਂਤੀ । ਕਰਤਾਰੇ—ਕਰਤਾਰਿ, ਕਰਤਾਰ ਨੇ । ਪਰਵਾਰੇ—ਪਰਵਾਰ ਨੂੰ, ਜੀਵ ਦੇ ਸਾਰੇ ਗਿਆਨ-ਇੰਦ੍ਰਿਆਂ ਨੂੰ । ਗੁਰਿ—ਗੁਰੂ ਨੇ । ਸਚੇ ਕੀ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ । ਤਾਕੀ—ਤੱਕੀ ।੧।

ਰਖਵਾਲਾ—ਰਾਖਾ । ਸਹਜ ਸੁਖ—ਆਤਮਕ ਅਡੋਲਤਾ ਦੇ ਸੁਖ । ਉਪਜੇ—ਪੈਦਾ ਹੋ ਗਏ । ਸੁਖਾਲਾ—ਸੁਖੀ ।ਰਹਾਉ।

ਦਾਰੂ—ਦਵਾਈ । ਤਿਨਿ—ਉਸ (ਦਾਰੂ) ਨੇ । ਬਿਦਾਰੂ—ਨਾਸ ਕਰ ਦਿੱਤਾ । ਬਾਤ—(ਜੀਵਨ ਦੀ) ਕਹਾਣੀ ।੨।

ਪ੍ਰਭਿ—ਪ੍ਰਭੂ ਨੇ । ਬਿਰਦੁ—ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ । ਸਮਾਰਿਆ—ਚੇਤੇ ਰੱਖਿਆ । ਹਮਰਾ—ਅਸਾਂ ਜੀਵਾਂ ਦਾ । ਸਾਖੀ—ਸਾਖਿਆਤ । ਤਿਨਿ—ਉਸ (ਸ਼ਬਦ) ਨੇ । ਲਾਜ—ਇੱਜ਼ਤ ।੩।

ਬੋਲੀ—ਬੋਲੀਂ, ਮੈਂ ਬੋਲਦਾ ਹਾਂ, ਮੈਂ ਤੇਰੀ ਸਿਫ਼ਤਿ-ਸਾਲਾਹ ਕਰਦਾ ਹਾਂ । ਗੁਣੀ—ਗੁਣਾਂ ਦਾ ਮਾਲਕ । ਗਹੇਰਾ—ਡੂੰਘਾ । ਸਚੁ ਸਾਖੀ—ਸਦਾ ਨਾਲ ਨਿਭਣ ਵਾਲਾ ਮਦਦਗਾਰ । ਸਾਖੀ—ਸਾਖ ਭਰਨ ਵਾਲਾ । ਪੈਜ—ਇੱਜ਼ਤ ।੪।

ਅਰਥ:- ਹੇ ਭਾਈ! ਜਿਸ ਮਨੁੱਖ ਦਾ ਰਾਖਾ ਪਰਮਾਤਮਾ ਆਪ ਬਣ ਜਾਂਦਾ ਹੈ, ਉਸ ਦਾ ਮਨ ਸਦਾ ਵਾਸਤੇ ਸੁਖੀ ਹੋ ਜਾਂਦਾ ਹੈ (ਕਿਉਂਕਿ ਉਸ ਦੇ ਅੰਦਰ) ਇਕ ਛਿਨ ਵਿਚ ਆਤਮਕ ਅਡੋਲਤਾ ਦੇ ਸੁਖ ਤੇ ਸ਼ਾਂਤੀ ਪੈਦਾ ਹੋ ਜਾਂਦੇ ਹਨ ।ਰਹਾਉ।

ਹੇ ਭਾਈ! ਜਿਸ ਮਨੁੱਖ ਦੇ ਅੰਦਰ ਕਰਤਾਰ ਨੇ ਠੰਡ ਵਰਤਾ ਦਿੱਤੀ, ਉਸ ਦੇ ਪਰਵਾਰ ਨੂੰ (ਉਸ ਦੇ ਗਿਆਨ-ਇੰਦ੍ਰਿਆਂ ਨੂੰ ਵਿਕਾਰਾਂ ਦਾ) ਤਾਪ ਛੱਡ ਜਾਂਦਾ ਹੈ । ਹੇ ਭਾਈ! ਪੂਰੇ ਗੁਰੂ ਨੇ ਜਿਸ ਮਨੁੱਖ ਦੀ ਮਦਦ ਕੀਤੀ, ਉਸ ਨੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਆਸਰਾ ਤੱਕ ਲਿਆ ।੧।

ਹੇ ਭਾਈ! (ਵਿਕਾਰ-ਰੋਗਾਂ ਦਾ ਇਲਾਜ ਕਰਨ ਵਾਸਤੇ ਗੁਰੂ ਨੇ ਜਿਸ ਮਨੁੱਖ ਨੂੰ) ਪਰਮਾਤਮਾ ਦਾ ਨਾਮ-ਦਵਾਈ ਦਿੱਤੀ ਉਸ ਨਾਮ-ਦਾਰੂ ਨੇ ਉਸ ਮਨੁੱਖ ਦਾ ਸਾਰਾ ਹੀ (ਵਿਕਾਰ-) ਰੋਗ ਕੱਟ ਦਿੱਤਾ । ਜਦੋਂ ਪ੍ਰਭੂ ਨੇ ਉਸ ਮਨੁੱਖ ਉਤੇ ਆਪਣੀ ਮੇਹਰ ਕੀਤੀ, ਤਾਂ ਉਸ ਨੇ ਆਪਣੀ ਸਾਰੀ ਜੀਵਨ-ਕਹਾਣੀ ਹੀ ਸੋਹਣੀ ਬਣਾ ਲਈ (ਆਪਣਾ ਸਾਰਾ ਜੀਵਨ ਸੰਵਾਰ ਲਿਆ) ।੨।

ਹੇ ਭਾਈ! ਪ੍ਰਭੂ ਨੇ (ਸਦਾ ਹੀ) ਆਪਣੇ ਮੁੱਢ-ਕਦੀਮਾਂ ਦੇ (ਪਿਆਰ ਵਾਲੇ) ਸੁਭਾਵ ਨੂੰ ਚੇਤੇ ਰੱਖਿਆ ਹੈ । ਉਹ ਸਾਡਾ ਜੀਵਾਂ ਦਾ ਕੋਈ ਗੁਣ ਜਾਂ ਔਗੁਣ ਦਿਲ ਤੇ ਲਾ ਨਹੀਂ ਰੱਖਦਾ । (ਪ੍ਰਭੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ ਅੰਦਰ) ਗੁਰੂ ਦੇ ਸ਼ਬਦ ਨੇ ਆਪਣਾ ਪ੍ਰਭਾਵ ਪਾਇਆ, ਸ਼ਬਦ ਨੇ ਉਸ ਦੀ ਸਾਰੀ ਇੱਜ਼ਤ ਰੱਖ ਲਈ (ਉਸ ਨੂੰ ਵਿਕਾਰਾਂ ਦੇ ਢਹੇ ਚੜ੍ਹਨ ਤੋਂ ਬਚਾ ਲਿਆ) ।੩।

ਹੇ ਪ੍ਰਭੂ! ਤੂੰ ਸਾਡਾ ਮਾਲਕ ਹੈਂ, ਤੂੰ ਗੁਣਾਂ ਦਾ ਖ਼ਜ਼ਾਨਾ ਹੈਂ, ਤੂੰ ਡੂੰਘੇ ਜਿਗਰੇ ਵਾਲਾ ਹੈਂ । ਜਦੋਂ ਤੂੰ ਪ੍ਰੇਰਨਾ ਦੇਂਦਾ ਹੈਂ ਤਦੋਂ ਹੀ ਮੈਂ ਤੇਰੀ ਸਿਫ਼ਤਿ-ਸਾਲਾਹ ਕਰ ਸਕਦਾ ਹਾਂ । ਹੇ ਨਾਨਕ! ਸਦਾ-ਥਿਰ ਪ੍ਰਭੂ ਦਾ ਨਾਮ ਜਪਿਆ ਕਰ, ਇਹੀ ਸਦਾ ਹਾਮੀ ਭਰਨ ਵਾਲਾ ਹੈ । ਪ੍ਰਭੂ ਆਪਣੇ ਸੇਵਕ ਦੀ (ਸਦਾ) ਇੱਜ਼ਤ ਰੱਖਦਾ ਆਇਆ ਹੈ ।੪।੬।੫੬।

ਸੋਰਠਿ ਮਹਲਾ ੫ ॥ ਵਿਚਿ ਕਰਤਾ ਪੁਰਖੁ ਖਲੋਆ ॥ ਵਾਲੁ ਨ ਵਿੰਗਾ ਹੋਆ ॥ ਮਜਨੁ ਗੁਰ ਆਂਦਾ ਰਾਸੇ ॥ ਜਪਿ ਹਰਿ ਹਰਿ ਕਿਲਵਿਖ ਨਾਸੇ ॥੧॥ ਸੰਤਹੁ ਰਾਮਦਾਸ ਸਰੋਵਰੁ ਨੀਕਾ ॥ ਜੋ ਨਾਵੈ ਸੋ ਕੁਲੁ ਤਰਾਵੈ ਉਧਾਰੁ ਹੋਆ ਹੈ ਜੀ ਕਾ ॥੧॥ ਰਹਾਉ ॥ ਜੈ ਜੈ ਕਾਰੁ ਜਗੁ ਗਾਵੈ ॥ ਮਨ ਚਿੰਦਿਅੜੇ ਫਲ ਪਾਵੈ ॥ ਸਹੀ ਸਲਾਮਤਿ ਨਾਇ ਆਏ ॥ ਅਪਣਾ ਪ੍ਰਭੂ ਧਿਆਏ ॥੨॥ ਸੰਤ ਸਰੋਵਰ ਨਾਵੈ ॥ ਸੋ ਜਨੁ ਪਰਮ ਗਤਿ ਪਾਵੈ ॥ ਮਰੈ ਨ ਆਵੈ ਜਾਈ ॥ ਹਰਿ ਹਰਿ ਨਾਮੁ ਧਿਆਈ ॥੩॥ ਇਹੁ ਬ੍ਰਹਮ ਬਿਚਾਰੁ ਸੁ ਜਾਨੈ ॥ ਜਿਸੁ ਦਇਆਲੁ ਹੋਇ ਭਗਵਾਨੈ ॥ ਬਾਬਾ ਨਾਨਕ ਪ੍ਰਭ ਸਰਣਾਈ ॥ ਸਭ ਚਿੰਤਾ ਗਣਤ ਮਿਟਾਈ ॥੪॥੭॥੫੭॥ {ਪੰਨਾ 623}

ਪਦਅਰਥ:- ਕਰਤਾ—ਕਰਤਾਰ । ਪੁਰਖੁ—ਸਰਬ-ਵਿਆਪਕ । ਵਿਚਿ ਖਲੋਆ—ਆਪ ਸਹੈਤਾ ਕਰਦਾ ਹੈ । ਵਾਲੁ ਨ ਵਿੰਗਾ ਹੋਆ—ਰਤਾ ਭੀ ਨੁਕਸਾਨ ਨਹੀਂ ਹੁੰਦਾ । ਮਜਨੁ—ਇਸ਼ਨਾਨ, ਰਾਮ ਦੇ ਦਾਸਾਂ ਦੇ ਸਰੋਵਰ ਵਿਚ ਇਸ਼ਨਾਨ, ਨਾਮ-ਜਲ ਨਾਲ ਆਤਮਕ ਇਸ਼ਨਾਨ । ਗੁਰਿ—ਗੁਰੂ ਨੇ । ਆਂਦਾ ਰਾਸੇ—ਰਾਸਿ ਆਂਦਾ, ਸਫਲ ਕਰ ਦਿੱਤਾ । ਜਪਿ—ਜਪ ਕੇ । ਕਿਲਵਿਖ—ਪਾਪ ।੧।

ਰਾਮ ਦਾਸ ਸਰੋਵਰੁ—ਰਾਮ ਦੇ ਦਾਸਾਂ ਦਾ ਸਰੋਵਰ, ਸਾਧ ਸੰਗਤਿ । ਨੀਕਾ—ਚੰਗਾ, ਸੋਹਣਾ । ਨਾਵੈ—ਨ੍ਹਾਵੇ, ਇਸ਼ਨਾਨ ਕਰਦਾ ਹੈ । ਉਧਾਰੁ—ਪਾਰ-ਉਤਾਰਾ । ਜੀ ਕਾ—ਜਿੰਦ ਦਾ ।੧।ਰਹਾਉ।

ਜੈ ਜੈ ਕਾਰੁ—ਸੋਭਾ । ਜਗੁ—ਜਗਤ । ਮਨਿ—ਮਨ ਵਿਚ । ਚਿੰਦਿਅੜੇ—ਚਿਤਵੇ ਹੋਏ । ਸਹੀ ਸਲਾਮਤਿ—ਆਤਮਕ ਜੀਵਨ ਨੂੰ ਪੂਰਨ ਤੌਰ ਤੇ ਬਚਾ ਕੇ । ਨਾਇ—ਨ੍ਹਾਇ, ਇਸ਼ਨਾਨ ਕਰ ਕੇ ।੨।

ਸੰਤ ਸਰੋਵਰਿ—ਸੰਤਾਂ ਦੇ ਸਰੋਵਰ ਵਿਚ, ਸਾਧ ਸੰਗਤਿ ਵਿਚ । ਨਾਵੈ—ਨ੍ਹਾਵੈ । ਪਰਮ ਗਤਿ—ਸਭ ਤੋਂ ਉਚੀ ਆਤਮਕ ਅਵਸਥਾ । ਨ ਆਵੈ ਜਾਈ—ਨ ਆਵੈ ਨ ਜਾਈ, ਜੰਮਦਾ ਮਰਦਾ ਨਹੀਂ ।੩।

ਬ੍ਰਹਮ ਬਿਚਾਰੁ—ਪਰਮਾਤਮਾ ਨਾਲ ਸਾਂਝ ਦੀ ਸੋਚ । ਸੁ—ਉਹ ਮਨੁੱਖ । ਬਾਬਾ—ਹੇ ਭਾਈ! ਨਾਨਕ! ਗਣਤ—ਗਿਣਤੀ, ਫ਼ਿਕਰ ।੪।

ਅਰਥ:- ਹੇ ਸੰਤ ਜਨੋ! ਸਾਧ ਸੰਗਤਿ (ਇਕ) ਸੁੰਦਰ (ਅਸਥਾਨ) ਹੈ । ਜੇਹੜਾ ਮਨੁੱਖ (ਸਾਧ ਸੰਗਤਿ ਵਿਚ) ਆਤਮਕ ਇਸ਼ਨਾਨ ਕਰਦਾ ਹੈ (ਮਨ ਨੂੰ ਨਾਮ-ਜਲ ਨਾਲ ਪਵਿਤ੍ਰ ਕਰਦਾ ਹੈ), ਉਸ ਦੀ ਜਿੰਦ ਦਾ (ਵਿਕਾਰਾਂ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ, ਉਹ ਆਪਣੀ ਸਾਰੀ ਕੁਲ ਨੂੰ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ।੧।ਰਹਾਉ।

(ਹੇ ਭਾਈ! ਸਾਧ ਸੰਗਤਿ ਵਿਚ ਜਿਸ ਮਨੁੱਖ ਦਾ) ਆਤਮਕ ਇਸ਼ਨਾਨ ਗੁਰੂ ਨੇ ਸਫਲ ਕਰ ਦਿੱਤਾ, ਉਹ ਮਨੁੱਖ ਸਦਾ ਪਰਮਾਤਮਾ ਦਾ ਨਾਮ ਜਪ ਜਪ ਕੇ (ਆਪਣੇ ਸਾਰੇ) ਪਾਪ ਨਾਸ ਕਰ ਲੈਂਦਾ ਹੈ । ਸਰਬ-ਵਿਆਪਕ ਕਰਤਾਰ ਆਪ ਉਸ ਦੀ ਸਹੈਤਾ ਕਰਦਾ ਹੈ, (ਉਸ ਦੀ ਆਤਮਕ ਰਾਸਿ-ਪੂੰਜੀ ਦਾ) ਰਤਾ ਭਰ ਭੀ ਨੁਕਸਾਨ ਨਹੀਂ ਹੁੰਦਾ ।੧।

ਹੇ ਭਾਈ! (ਜੇਹੜਾ ਮਨੁੱਖ ਰਾਮ ਦੇ ਦਾਸਾਂ ਦੇ ਸਰੋਵਰ ਵਿਚ ਟਿਕ ਕੇ) ਆਪਣੇ ਪਰਮਾਤਮਾ ਦਾ ਆਰਾਧਨ ਕਰਦਾ ਹੈ, (ਉਹ ਮਨੁੱਖ ਇਸ ਸਤਸੰਗ-ਸਰੋਵਰ ਵਿਚ ਆਤਮਕ) ਇਸ਼ਨਾਨ ਕਰ ਕੇ ਆਪਣੀ ਆਤਮਕ ਜੀਵਨ ਦੀ ਰਾਸਿ-ਪੂੰਜੀ ਨੂੰ ਪੂਰਨ ਤੌਰ ਤੇ ਬਚਾ ਲੈਂਦਾ ਹੈ । ਸਾਰਾ ਜਗਤ ਉਸ ਦੀ ਸੋਭਾ ਦਾ ਗੀਤ ਗਾਂਦਾ ਹੈ, ਉਹ ਮਨੁੱਖ ਮਨ-ਚਿਤਵੇ ਫਲ ਹਾਸਲ ਕਰ ਲੈਂਦਾ ਹੈ ।੨।

ਹੇ ਭਾਈ! ਜੇਹੜਾ ਮਨੁੱਖ ਸੰਤਾਂ ਦੇ ਸਰੋਵਰ ਵਿਚ (ਸਾਧ ਸੰਗਤਿ ਵਿਚ) ਆਤਮਕ ਇਸ਼ਨਾਨ ਕਰਦਾ ਹੈ, ਉਹ ਮਨੁੱਖ ਸਭ ਤੋਂ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ । ਜੇਹੜਾ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ ।੩।

ਹੇ ਭਾਈ! ਪਰਮਾਤਮਾ ਨਾਲ ਮਿਲਾਪ ਦੀ ਇਸ ਵਿਚਾਰ ਨੂੰ ਉਹ ਮਨੁੱਖ ਸਮਝਦਾ ਹੈ, ਜਿਸ ਉੱਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ । ਹੇ ਨਾਨਕ! (ਆਖ—) ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੀ ਸ਼ਰਨ ਪਿਆ ਰਹਿੰਦਾ ਹੈ, ਉਹ ਆਪਣਾ ਹਰੇਕ ਕਿਸਮ ਦਾ ਚਿੰਤਾ-ਫ਼ਿਕਰ ਦੂਰ ਕਰ ਲੈਂਦਾ ਹੈ ।੪।੭।੫੭।

ਸੋਰਠਿ ਮਹਲਾ ੫ ॥ ਪਾਰਬ੍ਰਹਮਿ ਨਿਬਾਹੀ ਪੂਰੀ ॥ ਕਾਈ ਬਾਤ ਨ ਰਹੀਆ ਊਰੀ ॥ ਗੁਰਿ ਚਰਨ ਲਾਇ ਨਿਸਤਾਰੇ ॥ ਹਰਿ ਹਰਿ ਨਾਮੁ ਸਮ੍ਾਰੇ ॥੧॥ ਅਪਨੇ ਦਾਸ ਕਾ ਸਦਾ ਰਖਵਾਲਾ ॥ ਕਰਿ ਕਿਰਪਾ ਅਪੁਨੇ ਕਰਿ ਰਾਖੇ ਮਾਤ ਪਿਤਾ ਜਿਉ ਪਾਲਾ ॥੧॥ ਰਹਾਉ ॥ ਵਡਭਾਗੀ ਸਤਿਗੁਰੁ ਪਾਇਆ ॥ ਜਿਨਿ ਜਮ ਕਾ ਪੰਥੁ ਮਿਟਾਇਆ ॥ ਹਰਿ ਭਗਤਿ ਭਾਇ ਚਿਤੁ ਲਾਗਾ ॥ ਜਪਿ ਜੀਵਹਿ ਸੇ ਵਡਭਾਗਾ ॥੨॥ ਹਰਿ ਅੰਮ੍ਰਿਤ ਬਾਣੀ ਗਾਵੈ ॥ ਸਾਧਾ ਕੀ ਧੂਰੀ ਨਾਵੈ ॥ ਅਪੁਨਾ ਨਾਮੁ ਆਪੇ ਦੀਆ ॥ ਪ੍ਰਭ ਕਰਣਹਾਰ ਰਖਿ ਲੀਆ ॥੩॥ ਹਰਿ ਦਰਸਨ ਪ੍ਰਾਨ ਅਧਾਰਾ ॥ ਇਹੁ ਪੂਰਨ ਬਿਮਲ

ਬੀਚਾਰਾ ॥ ਕਰਿ ਕਿਰਪਾ ਅੰਤਰਜਾਮੀ ॥ ਦਾਸ ਨਾਨਕ ਸਰਣਿ ਸੁਆਮੀ ॥੪॥੮॥੫੮॥ {ਪੰਨਾ 623}

ਪਦਅਰਥ:- ਪਾਰਬ੍ਰਹਮਿ—ਪਾਰਬ੍ਰਹਮ ਨੇ । ਊਰੀ—ਊਣੀ, ਘੱਟ । ਗੁਰਿ—ਗੁਰੂ ਨੇ । ਨਿਸਤਾਰੇ—(ਸੰਸਾਰ ਸਾਗਰ ਤੋਂ) ਪਾਰ ਲੰਘਾ ਦਿੱਤੇ । ਸਮ੍ਾਰੇ—ਸੰਭਾਲਦਾ ਹੈ, ਹਿਰਦੇ ਵਿਚ ਵਸਾਈ ਰੱਖਦਾ ਹੈ ।੧।

ਕਰਿ—ਬਣਾ ਕੇ । ਜਿਉ—ਜਿਉਂ, ਵਾਂਗ ।੧।ਰਹਾਉ।

ਵਡਭਾਗੀ—ਵੱਡੇ ਭਾਗਾਂ ਵਾਲਿਆਂ ਨੇ । ਜਿਨਿ—ਜਿਸ (ਗੁਰੂ) ਨੇ । ਪੰਥੁ—ਰਸਤਾ । ਭਾਇ—ਪਿਆਰ ਵਿਚ । ਜੀਵਹਿ—ਜੀਊਂਦੇ ਹਨ, ਆਤਮਕ ਜੀਵਨ ਪ੍ਰਾਪਤ ਕਰਦੇ ਹਨ ।੨।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਨਾਵੈ—ਨ੍ਾਵੈ । ਆਪੇ—ਆਪ ਹੀ ।੩।

ਅਧਾਰਾ—ਆਸਰਾ । ਬਿਮਲ—ਸੁੱਧ, ਪਵਿਤ੍ਰ । ਅੰਤਰਜਾਮੀ—ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ! ।੪।

ਅਰਥ:- ਹੇ ਭਾਈ! ਪਰਮਾਤਮਾ ਆਪਣੇ ਸੇਵਕ ਦਾ ਸਦਾ ਰਾਖਾ ਬਣਿਆ ਰਹਿੰਦਾ ਹੈ । ਜਿਵੇਂ ਮਾਪੇ (ਬੱਚਿਆਂ ਨੂੰ) ਪਾਲਦੇ ਹਨ, ਤਿਵੇਂ ਪ੍ਰਭੂ ਕਿਰਪਾ ਕਰ ਕੇ ਆਪਣੇ ਸੇਵਕਾਂ ਨੂੰ ਆਪਣੇ ਬਣਾਈ ਰੱਖਦਾ ਹੈ ।੧।ਰਹਾਉ।

(ਹੇ ਭਾਈ! ਸਦਾ ਤੋਂ ਹੀ) ਪਰਮਾਤਮਾ ਨੇ ਆਪਣੇ ਸੇਵਕ ਨਾਲ ਪ੍ਰੀਤਿ ਤੋੜ ਤਕ ਨਿਬਾਹੀ ਹੈ । ਸੇਵਕ ਨੂੰ ਕਿਸੇ ਗੱਲੇ ਕੋਈ ਕਮੀ ਨਹੀਂ ਰਹਿੰਦੀ । ਸੇਵਕ ਸਦਾ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਸੰਭਾਲ ਰੱਖਦਾ ਹੈ । ਗੁਰੂ ਨੇ (ਸੇਵਕਾਂ ਨੂੰ ਸਦਾ ਹੀ) ਚਰਨੀਂ ਲਾ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਇਆ ਹੈ ।੧।

ਹੇ ਭਾਈ! ਵੱਡੇ ਭਾਗਾਂ ਵਾਲੇ ਮਨੁੱਖਾਂ ਨੇ (ਉਹ) ਗੁਰੂ ਲੱਭ ਲਿਆ, ਜਿਸ (ਗੁਰੂ) ਨੇ (ਉਹਨਾਂ ਵਾਸਤੇ) ਜਮ ਦੇ ਦੇਸ ਨੂੰ ਲੈ ਜਾਣ ਵਾਲਾ ਰਸਤਾ ਮਿਟਾ ਦਿੱਤਾ (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹਨਾਂ ਦਾ ਮਨ ਪਰਮਾਤਮਾ ਦੀ ਭਗਤੀ ਵਿਚ ਪ੍ਰਭੂ ਦੇ ਪ੍ਰੇਮ ਵਿਚ ਮਗਨ ਰਹਿੰਦਾ ਹੈ । ਉਹ ਵਡ-ਭਾਗੀ ਮਨੁੱਖ ਪਰਮਾਤਮਾ ਦਾ ਨਾਮ ਜਪ ਜਪ ਕੇ ਆਤਮਕ ਜੀਵਨ ਪ੍ਰਾਪਤ ਕਰ ਲੈਂਦੇ ਹਨ ।੨।

(ਹੇ ਭਾਈ! ਪਰਮਾਤਮਾ ਦਾ ਸੇਵਕ) ਪਰਮਾਤਮਾ ਦੀ ਆਤਮਿਕ ਜੀਵਨ ਦੇਣ ਵਾਲੀ ਬਾਣੀ ਗਾਂਦਾ ਰਹਿੰਦਾ ਹੈ, ਸੇਵਕ ਗੁਰਮੁਖਾਂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰਦਾ ਰਹਿੰਦਾ ਹੈ (ਆਪਾ-ਭਾਵ ਮਿਟਾ ਕੇ ਸੰਤ ਜਨਾਂ ਦੀ ਸ਼ਰਨ ਪਿਆ ਰਹਿੰਦਾ ਹੈ) । ਪਰਮਾਤਮਾ ਨੇ ਆਪ ਹੀ (ਆਪਣੇ ਸੇਵਕ ਨੂੰ) ਆਪਣਾ ਨਾਮ ਬਖ਼ਸ਼ਿਆ ਹੈ, ਸਿਰਜਣਹਾਰ ਪ੍ਰਭੂ ਨੇ ਆਪ ਹੀ (ਸਦਾ ਤੋਂ ਆਪਣੇ ਸੇਵਕ ਨੂੰ ਵਿਕਾਰਾਂ ਤੋਂ) ਬਚਾਇਆ ਹੈ ।੩।

ਹੇ ਭਾਈ! (ਪ੍ਰਭੂ ਦੇ ਸੇਵਕ ਦਾ) ਇਹ ਪਵਿਤ੍ਰ ਤੇ ਪੂਰਨ ਵਿਚਾਰ ਬਣਿਆ ਰਹਿੰਦਾ ਹੈ ਕਿ ਪਰਮਾਤਮਾ ਦਾ ਦਰਸ਼ਨ ਹੀ (ਸੇਵਕ ਦੀ) ਜ਼ਿੰਦਗੀ ਦਾ ਆਸਰਾ ਹੈ । ਹੇ ਦਾਸ ਨਾਨਕ! (ਤੂੰ ਭੀ ਪ੍ਰਭੂ-ਦਰ ਤੇ ਅਰਦਾਸ ਕਰ, ਤੇ, ਆਖ—) ਹੇ ਸਭ ਦੇ ਦਿਲਾਂ ਦੀ ਜਾਣਨ ਵਾਲੇ! ਹੇ ਸੁਆਮੀ! (ਮੇਰੇ ਉਤੇ) ਮੇਹਰ ਕਰ, ਮੈਂ ਤੇਰੀ ਸ਼ਰਨ ਆਇਆ ਹਾਂ ।੪।੮।੫੮।

ਸੋਰਠਿ ਮਹਲਾ ੫ ॥ ਗੁਰਿ ਪੂਰੈ ਚਰਨੀ ਲਾਇਆ ॥ ਹਰਿ ਸੰਗਿ ਸਹਾਈ ਪਾਇਆ ॥ ਜਹ ਜਾਈਐ ਤਹਾ ਸੁਹੇਲੇ ॥ ਕਰਿ ਕਿਰਪਾ ਪ੍ਰਭਿ ਮੇਲੇ ॥੧॥ ਹਰਿ ਗੁਣ ਗਾਵਹੁ ਸਦਾ ਸੁਭਾਈ ॥ ਮਨ ਚਿੰਦੇ ਸਗਲੇ ਫਲ ਪਾਵਹੁ ਜੀਅ ਕੈ ਸੰਗਿ ਸਹਾਈ ॥੧॥ ਰਹਾਉ ॥ ਨਾਰਾਇਣ ਪ੍ਰਾਣ ਅਧਾਰਾ ॥ ਹਮ ਸੰਤ ਜਨਾਂ ਰੇਨਾਰਾ ॥ ਪਤਿਤ ਪੁਨੀਤ ਕਰਿ ਲੀਨੇ ॥ ਕਰਿ ਕਿਰਪਾ ਹਰਿ ਜਸੁ ਦੀਨੇ ॥੨॥

ਪਾਰਬ੍ਰਹਮੁ ਕਰੇ ਪ੍ਰਤਿਪਾਲਾ ॥ ਸਦ ਜੀਅ ਸੰਗਿ ਰਖਵਾਲਾ ॥ ਹਰਿ ਦਿਨੁ ਰੈਨਿ ਕੀਰਤਨੁ ਗਾਈਐ ॥ ਬਹੁੜਿ ਨ ਜੋਨੀ ਪਾਈਐ ॥੩॥ ਜਿਸੁ ਦੇਵੈ ਪੁਰਖੁ ਬਿਧਾਤਾ ॥ ਹਰਿ ਰਸੁ ਤਿਨ ਹੀ ਜਾਤਾ ॥ ਜਮਕੰਕਰੁ ਨੇੜਿ ਨ ਆਇਆ ॥ ਸੁਖੁ ਨਾਨਕ ਸਰਣੀ ਪਾਇਆ ॥੪॥੯॥੫੯॥ {ਪੰਨਾ 623}

ਪਦਅਰਥ:- ਗੁਰਿ ਪੂਰੈ—ਪੂਰੇ ਗੁਰੂ ਨੇ । ਸੰਗਿ—(ਆਪਣੇ) ਨਾਲ । ਸਹਾਈ—ਮਦਦਗਾਰ, ਸਾਥੀ । ਜਹ—ਜਿੱਥੇ । ਸੁਹੇਲੇ—ਸੁਖੀ । ਪ੍ਰਭਿ—ਪ੍ਰਭੂ ਨੇ ।੧।

ਸੁਭਾਈ—ਸੁਭਾਇ, ਪਿਆਰ ਨਾਲ । ਮਨਚਿੰਦੇ—ਮਨ-ਇੱਛਤ, ਮਨ-ਮੰਗੇ । ਸਗਲੇ—ਸਾਰੇ । ਜੀਅ ਕੈ ਸੰਗਿ— ਜਿੰਦ ਦੇ ਨਾਲ ।੧।ਰਹਾਉ।

ਹਮ—ਅਸੀ, ਮੈਂ । ਰੇਨਾਰਾ—ਰੇਣ, ਚਰਨ-ਧੂੜ । ਅਧਾਰਾ—ਆਸਰਾ । ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਪੁਨੀਤ—ਪਵਿਤ੍ਰ । ਜਸੁ—ਸਿਫ਼ਤਿ-ਸਾਲਾਹ ।੨।

ਸਦ—ਸਦਾ । ਰੈਨਿ—ਰਾਤ । ਬਹੁੜਿ—ਮੁੜ ।੩।

ਬਿਧਾਤਾ—ਕਰਤਾਰ, ਰਚਨਹਾਰ । ਰਸੁ—ਸੁਆਦ । ਤਿਨ ਹੀ—ਤਿਨਿ ਹੀ, ਉਸ ਮਨੁੱਖ ਨੇ ਹੀ {ਲਫ਼ਜ਼ 'ਤਿਨਿ' ਦੀ 'ਿ' ਕ੍ਰਿਆ ਵਿਸ਼ਸ਼ੇਣ 'ਹੀ' ਦੇ ਕਾਰਨ ਉੱਡ ਗਈ ਹੈ} । ਜਮ ਕੰਕਰੁ—{ਕਿੰਕਰੁ—ikMkr} ਜਮ ਦਾ ਸੇਵਕ, ਜਮ-ਦੂਤ ।੪।

ਅਰਥ:- ਹੇ ਭਾਈ! ਸਦਾ ਪਿਆਰ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਿਹਾ ਕਰੋ । (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਮਨ-ਮੰਗੇ ਫਲ (ਪ੍ਰਭੂ ਦੇ ਦਰ ਤੋਂ) ਪ੍ਰਾਪਤ ਕਰਦੇ ਰਹੋਗੇ, ਪਰਮਾਤਮਾ ਜਿੰਦ ਦੇ ਨਾਲ (ਵੱਸਦਾ) ਸਾਥੀ (ਪ੍ਰਤੀਤ ਹੁੰਦਾ ਰਹੇਗਾ) ।੧।ਰਹਾਉ।

(ਹੇ ਭਾਈ! ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ (ਪਰਮਾਤਮਾ ਦੇ) ਚਰਨਾਂ ਵਿਚ ਜੋੜ ਦਿੱਤਾ, ਉਸ ਨੇ ਉਹ ਪਰਮਾਤਮਾ ਲੱਭ ਲਿਆ ਜੋ ਹਰ ਵੇਲੇ ਅੰਗ-ਸੰਗ ਵੱਸਦਾ ਹੈ, ਤੇ, (ਜਿੰਦ ਦਾ) ਮਦਦਗਾਰ ਹੈ । (ਜੇ ਪ੍ਰਭੂ-ਚਰਨਾਂ ਵਿਚ ਜੁੜੇ ਰਹੀਏ, ਤਾਂ) ਜਿੱਥੇ ਭੀ ਜਾਈਏ, ਉਥੇ ਹੀ ਸੁਖੀ ਰਹਿ ਸਕੀਦਾ ਹੈ (ਪਰ ਜਿਨ੍ਹਾਂ ਨੂੰ ਚਰਨਾਂ ਵਿਚ ਮਿਲਾਇਆ ਹੈ) ਪ੍ਰਭੂ ਨੇ (ਆਪ ਹੀ) ਕਿਰਪਾ ਕਰ ਕੇ ਮਿਲਾਇਆ ਹੈ ।੧।

ਹੇ ਭਾਈ! ਮੈਂ ਤਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਿਆ ਰਹਿੰਦਾ ਹਾਂ, (ਸੰਤ ਜਨਾਂ ਦੀ ਕਿਰਪਾ ਨਾਲ) ਪਰਮਾਤਮਾ ਜਿੰਦ ਦਾ ਆਸਰਾ (ਪ੍ਰਤੀਤ ਹੁੰਦਾ ਰਹਿੰਦਾ ਹੈ) । ਸੰਤ ਜਨ ਕਿਰਪਾ ਕਰ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਦਾਤਿ ਦੇਂਦੇ ਹਨ, (ਅਤੇ ਇਸ ਤਰ੍ਹਾਂ) ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ (ਭੀ) ਪਵਿਤ੍ਰ ਜੀਵਨ ਵਾਲਾ ਬਣਾ ਲੈਂਦੇ ਹਨ ।੨।

ਹੇ ਭਾਈ! ਦਿਨ ਰਾਤ (ਹਰ ਵੇਲੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਰਹਿਣਾ ਚਾਹੀਦਾ ਹੈ, (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਪਈਦਾ । ਪਰਮਾਤਮਾ ਆਪ (ਸਿਫ਼ਤਿ-ਸਾਲਾਹ ਕਰਨ ਵਾਲਿਆਂ ਦੀ) ਰਾਖੀ ਕਰਦਾ ਹੈ, ਸਦਾ ਉਹਨਾਂ ਦੀ ਜਿੰਦ ਦੇ ਨਾਲ ਰਾਖਾ ਬਣਿਆ ਰਹਿੰਦਾ ਹੈ ।੩।

(ਪਰ,) ਹੇ ਨਾਨਕ! ਉਸ ਮਨੁੱਖ ਨੇ ਹੀ ਪਰਮਾਤਮਾ ਦੇ ਨਾਮ ਦਾ ਸੁਆਦ ਸਮਝਿਆ ਹੈ (ਕਦਰ ਜਾਣੀ ਹੈ), ਜਿਸ ਨੂੰ ਸਿਰਜਣਹਾਰ ਸਰਬ-ਵਿਆਪਕ ਪ੍ਰਭੂ ਆਪ (ਇਹ ਦਾਤਿ) ਦੇਂਦਾ ਹੈ । ਪਰਮਾਤਮਾ ਦੀ ਸ਼ਰਨ ਪਿਆ ਰਹਿ ਕੇ ਉਹ ਆਤਮਕ ਆਨੰਦ ਮਾਣਦਾ ਰਹਿੰਦਾ ਹੈ । ਜਮ-ਦੂਤ ਭੀ ਉਸ ਦੇ ਨੇੜੇ ਨਹੀਂ ਢੁਕਦਾ

।੪।੯।੫੯।

ਸੋਰਠਿ ਮਹਲਾ ੫ ॥ ਗੁਰਿ ਪੂਰੈ ਕੀਤੀ ਪੂਰੀ ॥ ਪ੍ਰਭੁ ਰਵਿ ਰਹਿਆ ਭਰਪੂਰੀ ॥ ਖੇਮ ਕੁਸਲ ਭਇਆ ਇਸਨਾਨਾ ॥ ਪਾਰਬ੍ਰਹਮ ਵਿਟਹੁ ਕੁਰਬਾਨਾ ॥੧॥ ਗੁਰ ਕੇ ਚਰਨ ਕਵਲ ਰਿਦ ਧਾਰੇ ॥ ਬਿਘਨੁ ਨ ਲਾਗੈ ਤਿਲ ਕਾ ਕੋਈ ਕਾਰਜ ਸਗਲ ਸਵਾਰੇ ॥੧॥ ਰਹਾਉ ॥ ਮਿਲਿ ਸਾਧੂ ਦੁਰਮਤਿ ਖੋਏ ॥ ਪਤਿਤ ਪੁਨੀਤ ਸਭ ਹੋਏ ॥ ਰਾਮਦਾਸਿ ਸਰੋਵਰ ਨਾਤੇ ॥ ਸਭ ਲਾਥੇ ਪਾਪ ਕਮਾਤੇ ॥੨॥ ਗੁਨ ਗੋਬਿੰਦ ਨਿਤ ਗਾਈਐ ॥ ਸਾਧਸੰਗਿ ਮਿਲਿ ਧਿਆਈਐ ॥ ਮਨ ਬਾਂਛਤ ਫਲ ਪਾਏ ॥ ਗੁਰੁ ਪੂਰਾ ਰਿਦੈ ਧਿਆਏ ॥੩॥ ਗੁਰ ਗੋਪਾਲ ਆਨੰਦਾ ॥ ਜਪਿ ਜਪਿ ਜੀਵੈ ਪਰਮਾਨੰਦਾ ॥ ਜਨ ਨਾਨਕ ਨਾਮੁ ਧਿਆਇਆ ॥ ਪ੍ਰਭ ਅਪਨਾ ਬਿਰਦੁ ਰਖਾਇਆ ॥੪॥੧੦॥੬੦॥ {ਪੰਨਾ 624}

ਪਦਅਰਥ:- ਗੁਰਿ ਪੂਰੈ—ਪੂਰੇ ਗੁਰੂ ਨੇ । ਪੂਰੀ—ਸਫਲਤਾ । ਭਰਪੂਰੀ—ਹਰ ਥਾਂ ਮੌਜੂਦ । ਖੇਮ ਕੁਸਲ—ਆਤਮਕ ਸੁਖ ਆਨੰਦ । ਵਿਟਹੁ—ਤੋਂ ।੧।

ਰਿਦ—ਰਿਦੈ, ਹਿਰਦੇ ਵਿਚ । ਤਿਲ ਕਾ—ਤਿਲ ਜਿਤਨਾ ਭੀ, ਰਤਾ ਭੀ । ਸਗਲ—ਸਾਰੇ ।੧।ਰਹਾਉ।

ਮਿਲਿ ਸਾਧੂ—ਗੁਰੂ ਨੂੰ ਮਿਲ ਕੇ । ਦੁਰਮਤਿ—ਖੋਟੀ ਅਕਲ । ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਪੁਨੀਤ—ਪਵਿਤ੍ਰ । ਰਾਮਦਾਸਿ ਸਰੋਵਰ—ਰਾਮ ਦੇ ਦਾਸਾਂ ਦੇ ਸਰੋਵਰ ਵਿਚ, ਸਾਧ ਸੰਗਤਿ ਵਿਚ । ਨਾਤੇ—ਨ੍ਹਾਤੇ, ਇਸ਼ਨਾਨ ਕੀਤਾ ।੨।

ਸਾਧ ਸੰਗਿ—ਸਾਧ ਸੰਗਤਿ ਵਿਚ । ਮਨ ਬਾਂਛਤ—ਮਨ-ਇੱਛੇ । ਰਿਦੈ—ਹਿਰਦੇ ਵਿਚ ।੩।

ਪਰਮਾਨੰਦਾ—ਸਭ ਤੋਂ ਉੱਚੇ ਆਨੰਦ ਦਾ ਮਾਲਕ ਪ੍ਰਭੂ । ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ ।੪।

ਅਰਥ:- ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੇ ਕੌਲ ਫੁੱਲ ਵਰਗੇ ਕੋਮਲ ਚਰਨ ਆਪਣੇ ਹਿਰਦੇ ਵਿਚ ਵਸਾ ਲਏ, (ਉਸ ਦੀ ਜ਼ਿੰਦਗੀ ਦੇ ਰਸਤੇ ਵਿਚ) ਰਤਾ ਭਰ ਭੀ ਕੋਈ ਰੁਕਾਵਟ ਨਹੀਂ ਆਉਂਦੀ । ਗੁਰੂ ਉਸ ਦੇ ਸਾਰੇ ਕੰਮ ਸਵਾਰ ਦੇਂਦਾ ਹੈ ।੧।ਰਹਾਉ।

ਹੇ ਭਾਈ! ਪੂਰੇ ਗੁਰੂ ਨੇ (ਮੈਨੂੰ ਆਤਮਕ ਜੀਵਨ ਵਿਚ) ਸਫਲਤਾ ਦਿੱਤੀ ਹੈ, (ਮੈਨੂੰ) ਪਰਮਾਤਮਾ ਹਰ ਥਾਂ ਵਿਆਪਕ ਦਿੱਸ ਰਿਹਾ ਹੈ । ਮੇਰੇ ਅੰਦਰ ਆਤਮਕ ਸੁਖ ਆਨੰਦ ਬਣ ਗਿਆ ਹੈ—ਇਹ ਹੈ ਇਸ਼ਨਾਨ (ਜੋ ਮੈਂ ਗੁਰੂ-ਸਰ ਵਿਚ ਕੀਤਾ ਹੈ) । ਮੈਂ ਪਰਮਾਤਮਾ ਤੋਂ ਸਦਕੇ ਜਾਂਦਾ ਹਾਂ (ਜਿਸ ਨੇ ਮੈਨੂੰ ਗੁਰੂ ਮਿਲਾ ਦਿੱਤਾ ਹੈ) ।੧।

ਹੇ ਭਾਈ! ਗੁਰੂ ਨੂੰ ਮਿਲ ਕੇ ਮਨੁੱਖ ਖੋਟੀ ਮਤਿ ਦੂਰ ਕਰ ਲੈਂਦਾ ਹੈ । ਵਿਕਾਰੀ ਮਨੁੱਖ ਭੀ ਗੁਰੂ ਨੂੰ ਮਿਲ ਕੇ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ । ਜੇਹੜੇ ਭੀ ਮਨੁੱਖ ਰਾਮ ਦੇ ਦਾਸਾਂ ਦੇ ਸਰੋਵਰ ਵਿਚ (ਗੁਰੂ ਦੀ ਸੰਗਤਿ ਵਿਚ ਆਤਮਕ) ਇਸ਼ਨਾਨ ਕਰਦੇ ਹਨ (ਮਨ ਨੂੰ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਇਸ਼ਨਾਨ ਕਰਾਂਦੇ ਹਨ) ਉਹਨਾਂ ਦੇ ਸਾਰੇ (ਪਿਛਲੇ) ਕਮਾਏ ਹੋਏ ਪਾਪ ਲਹਿ ਜਾਂਦੇ ਹਨ ।੨।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣੇ ਚਾਹੀਦੇ ਹਨ । ਜੇਹੜਾ ਮਨੁੱਖ ਪੂਰੇ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ, ਉਹ (ਪ੍ਰਭੂ-ਦਰ ਤੋਂ) ਮਨ-ਮੰਗੇ ਫਲ ਪ੍ਰਾਪਤ ਕਰ ਲੈਂਦਾ ਹੈ ।੩।

ਹੇ ਦਾਸ ਨਾਨਕ! (ਆਖ—) ਪਰਮਾਤਮਾ ਆਪਣਾ ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ਕਾਇਮ ਰੱਖਦਾ ਹੈ । ਉਹ ਪਰਮਾਤਮਾ ਸਭ ਤੋਂ ਵੱਡਾ ਹੈ, ਸ੍ਰਿਸ਼ਟੀ ਦਾ ਪਾਲਣ ਵਾਲਾ ਹੈ, ਆਨੰਦ-ਸਰੂਪ ਹੈ । ਜੇਹੜਾ ਮਨੁੱਖ ਉਸ ਦਾ ਨਾਮ ਸਿਮਰਦਾ ਹੈ, ਉਸ ਸਭ ਤੋਂ ਉੱਚੇ ਆਨੰਦ ਦੇ ਮਾਲਕ ਨੂੰ ਜਪ ਜਪ ਕੇ ਉਹ ਮਨੁੱਖ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ।੪।੧੦।੬੦।

ਰਾਗੁ ਸੋਰਠਿ ਮਹਲਾ ੫ ॥ ਦਹ ਦਿਸ ਛਤ੍ਰ ਮੇਘ ਘਟਾ ਘਟ ਦਾਮਨਿ ਚਮਕਿ ਡਰਾਇਓ ॥ ਸੇਜ ਇਕੇਲੀ ਨੀਦ ਨਹੁ ਨੈਨਹ ਪਿਰੁ ਪਰਦੇਸਿ ਸਿਧਾਇਓ ॥੧॥ ਹੁਣਿ ਨਹੀ ਸੰਦੇਸਰੋ ਮਾਇਓ ॥ ਏਕ ਕੋਸਰੋ ਸਿਧਿ ਕਰਤ ਲਾਲੁ ਤਬ ਚਤੁਰ ਪਾਤਰੋ ਆਇਓ ॥ ਰਹਾਉ ॥ ਕਿਉ ਬਿਸਰੈ ਇਹੁ ਲਾਲੁ ਪਿਆਰੋ ਸਰਬ ਗੁਣਾ ਸੁਖਦਾਇਓ ॥ ਮੰਦਰਿ ਚਰਿ ਕੈ ਪੰਥੁ ਨਿਹਾਰਉ ਨੈਨ ਨੀਰਿ ਭਰਿ ਆਇਓ ॥੨॥ ਹਉ ਹਉ ਭੀਤਿ ਭਇਓ ਹੈ ਬੀਚੋ ਸੁਨਤ ਦੇਸਿ ਨਿਕਟਾਇਓ ॥ ਭਾਂਭੀਰੀ ਕੇ ਪਾਤ ਪਰਦੋ ਬਿਨੁ ਪੇਖੇ ਦੂਰਾਇਓ ॥੩॥ ਭਇਓ ਕਿਰਪਾਲੁ ਸਰਬ ਕੋ ਠਾਕੁਰੁ ਸਗਰੋ ਦੂਖੁ ਮਿਟਾਇਓ ॥ ਕਹੁ ਨਾਨਕ ਹਉਮੈ ਭੀਤਿ ਗੁਰਿ ਖੋਈ ਤਉ ਦਇਆਰੁ ਬੀਠਲੋ ਪਾਇਓ ॥੪॥ ਸਭੁ ਰਹਿਓ ਅੰਦੇਸਰੋ ਮਾਇਓ ॥ ਜੋ ਚਾਹਤ ਸੋ ਗੁਰੂ ਮਿਲਾਇਓ ॥ ਸਰਬ ਗੁਨਾ ਨਿਧਿ ਰਾਇਓ ॥ ਰਹਾਉ ਦੂਜਾ ॥੧੧॥੬੧॥ {ਪੰਨਾ 624}

ਪਦਅਰਥ:- ਦਹਦਿਸ—ਦਸੀਂ ਪਾਸੀਂ । ਦਹ—ਦਸ । ਦਿਸ—ਪਾਸਾ । ਮੇਘ—ਬੱਦਲ । ਛਤ੍ਰ—ਛਤਰੀ । ਘਟਾ ਘਟ—ਘਟਾਂ ਹੀ ਘਟਾਂ । ਦਾਮਨਿ—ਬਿਜਲੀ । ਚਮਕਿ—ਚਮਕ ਕੇ । ਨਹੁ—ਨਹੀਂ । ਨੈਨਹ—ਅੱਖਾਂ ਵਿਚ । ਪਿਰੁ—ਪਤੀ । ਪਰਦੇਸਿ—ਬਿਗਾਨੇ ਦੇਸ ਵਿਚ ।੧।

ਸੰਦੇਸਰੋ—ਸਨੇਹਾ । ਮਾਇਓ—ਹੇ ਮਾਂ! ਕੋਸਰੋ—ਕੋਹ । ਸਿਧਿ ਕਰਤ—ਤੈ ਕਰਦਾ ਸੀ । ਚਤੁਰ ਪਾਤਰੋ—ਚਾਰ ਪਤੀਆਂ, ਚਾਰ ਚਿੱਠੀਆਂ ।ਰਹਾਉ।

ਬਿਸਰੈ—ਭੁੱਲ ਜਾਏ । ਸੁਖ ਦਾਇਓ—ਸੁਖ ਦੇਣ ਵਾਲਾ । ਮੰਦਰਿ—ਮੰਦਰ ਉੱਤੇ, ਕੋਠੇ ਉੱਤੇ । ਚਰਿ ਕੈ—ਚੜ੍ਹ ਕੇ । ਪੰਥੁ—ਰਸਤਾ । ਨਿਹਾਰਉ—ਨਿਹਾਰਉਂ, ਮੈਂ ਵੇਖਦੀ ਹਾਂ । ਨੀਰਿ—ਨੀਰ ਨਾਲ, (ਵੈਰਾਗ-) ਜਲ ਨਾਲ ।੨।

ਭੀਤਿ—ਕੰਧ । ਹਉ ਹਉ ਭੀਤਿ—ਹਉਮੈ ਦੀ ਕੰਧ । ਬੀਚੋ—ਵਿਚਕਾਰ । ਦੇਸਿ—ਦੇਸ ਵਿਚ, ਹਿਰਦੇ ਵਿਚ । ਨਿਕਟਾਇਓ—ਨਿਕਟਿ ਹੀ, ਨੇੜੇ ਹੀ । ਕੇ—ਦੇ । ਪਾਤ—ਖੰਭ । ਪਰਦੋ—ਪਰਦਾ ।੩।

ਕੋ—ਦਾ । ਸਗਰੋ—ਸਾਰਾ । ਗੁਰਿ—ਗੁਰੂ ਨੇ । ਤਉ—ਤਦੋਂ । ਦਇਆਰੁ—ਦਇਆਲ । ਬੀਠਲੋ—{ivÕT|, ivÔQ| [iv—ਵਿ, ਪਰੇ, ਮਾਇਆ ਦੇ ਪ੍ਰਭਾਵ ਤੋਂ ਪਰੇ । ÔQ|—ਸਥਲ, ਖਲੋਤਾ ਹੋਇਆ} ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲਾ ਪਰਮਾਤਮਾ ।੪।

ਰਹਿਣ—ਮੁੱਕ ਗਿਆ । ਅੰਦੇਸਰੋ—ਫ਼ਿਕਰ । ਗੁਨਾ ਨਿਧਿ—ਗੁਣਾਂ ਦਾ ਖ਼ਜ਼ਾਨਾ । ਰਾਇਓ—ਪ੍ਰਭੂ-ਪਾਤਿਸ਼ਾਹ, ਰਾਜਾ ।ਰਹਾਉ ਦੂਜਾ ।

ਅਰਥ:- (ਜਦੋਂ) ਬੱਦਲਾਂ ਦੀਆਂ ਘਟਾਂ ਹੀ ਘਟਾਂ ਛਤਰੀ ਵਾਂਗ ਦਸੀਂ ਪਾਸੀਂ (ਪਸਰੀਆਂ ਹੁੰਦੀਆਂ ਹਨ), ਬਿਜਲੀ ਚਮਕ ਚਮਕ ਕੇ ਡਰਾਂਦੀ ਹੈ, (ਜਿਸ ਇਸਤ੍ਰੀ ਦਾ) ਪਤੀ ਪਰਦੇਸ ਵਿਚ ਗਿਆ ਹੁੰਦਾ ਹੈ, (ਉਸ ਦੀ)

ਸੇਜ (ਪਤੀ ਤੋਂ ਬਿਨਾ) ਸੁੰਞੀ ਹੁੰਦੀ ਹੈ, (ਉਸ ਦੀਆਂ) ਅੱਖਾਂ ਵਿਚ ਨੀਂਦ ਨਹੀਂ ਆਉਂਦੀ ।੧।

(ਪਤੀ ਤੋਂ ਵਿਛੁੜ ਕੇ ਘਬਰਾਈ ਹੋਈ ਉਹ ਆਖਦੀ ਹੈ—) ਹੇ ਮਾਂ! ਹੁਣ ਤਾਂ (ਪਤੀ ਵਲੋਂ) ਕੋਈ ਸਨੇਹਾ ਭੀ ਨਹੀਂ ਆਉਂਦਾ । (ਪਹਿਲਾਂ ਜਦੋਂ ਕਦੇ ਘਰੋਂ ਜਾ ਕੇ ਪਤੀ) ਇਕ ਕੋਹ ਪੈਂਡਾ ਹੀ ਕਰਦਾ ਸੀ ਤਦੋਂ (ਉਸ ਦੀਆਂ) ਚਾਰ ਚਿੱਠੀਆਂ ਆ ਜਾਂਦੀਆਂ ਸਨ ।ਰਹਾਉ।

ਹੇ ਮਾਂ! ਮੈਨੂੰ ਭੀ ਇਹ ਸੋਹਣਾ ਪਿਆਰਾ ਲਾਲ (ਪ੍ਰਭੂ) ਕਿਵੇਂ ਭੁੱਲ ਸਕਦਾ ਹੈ? ਇਹ ਤਾਂ ਸਾਰੇ ਗੁਣਾਂ ਦਾ ਮਾਲਕ ਹੈ, ਸਾਰੇ ਸੁਖ ਦੇਣ ਵਾਲਾ ਹੈ । ਮੈਂ ਭੀ (ਵਿਛੁੜੀ ਨਾਰ ਵਾਂਗ) ਕੋਠੇ ਉੱਤੇ ਚੜ੍ਹ ਕੇ (ਪਤੀ ਦਾ) ਰਾਹ ਤੱਕਦੀ ਹਾਂ, (ਮੇਰੀਆਂ ਭੀ) ਅੱਖਾਂ (ਵੈਰਾਗ-) ਨੀਰ ਨਾਲ ਭਰ ਆਈਆਂ ਹਨ ।੨।

ਹੇ ਮਾਂ! ਮੈਂ ਸੁਣਦੀ ਤਾਂ ਇਹ ਹਾਂ, ਕਿ (ਉਹ ਪਤੀ ਪ੍ਰਭੂ) ਮੇਰੇ ਹਿਰਦੇ-ਦੇਸ ਵਿਚ ਮੇਰੇ ਨੇੜੇ ਹੀ ਵੱਸਦਾ ਹੈ, ਪਰ (ਮੇਰੇ ਤੇ ਉਸ ਦੇ) ਵਿਚਕਾਰ ਮੇਰੀ ਹਉਮੈ ਦੀ ਕੰਧ ਖੜੀ ਹੋ ਗਈ ਹੈ, (ਕਹਿੰਦੇ ਹਨ) ਭੰਭੀਰੀ ਦੇ ਖੰਭ ਵਾਂਗ (ਬੜਾ ਬਰੀਕ) ਪਰਦਾ (ਮੇਰੇ ਤੇ ਉਸ ਪਤੀ ਦੇ ਵਿਚਕਾਰ ਹੈ), ਪਰ ਉਸ ਦਾ ਦਰਸ਼ਨ ਕਰਨ ਤੋਂ ਬਿਨਾ ਉਹ ਕਿਤੇ ਦੂਰ ਵੱਸਦਾ ਜਾਪਦਾ ਹੈ ।੩।

ਹੇ ਮਾਂ! ਜਿਸ ਸੁਭਾਗਣ ਉਤੇ ਸਭ ਜੀਵਾਂ ਦਾ ਮਾਲਕ ਦਇਆਵਾਨ ਹੁੰਦਾ ਹੈ, ਉਸ ਦਾ ਉਹ ਸਾਰਾ (ਵਿਛੋੜੇ ਦਾ) ਦੁੱਖ ਦੂਰ ਕਰ ਦੇਂਦਾ ਹੈ । ਹੇ ਨਾਨਕ! ਆਖ—ਜਦੋਂ ਗੁਰੂ ਨੇ (ਜੀਵ-ਇਸਤ੍ਰੀ ਦੇ ਅੰਦਰੋਂ) ਹਉਮੈ ਦੀ ਕੰਧ ਢਾਹ ਦਿੱਤੀ, ਤਦੋਂ ਉਸ ਨੇ ਮਾਇਆ-ਰਹਿਤ ਦਇਆਲ (ਪ੍ਰਭੂ-ਪਤੀ) ਨੂੰ (ਆਪਣੇ ਅੰਦਰ ਹੀ) ਲੱਭ ਲਿਆ ।੪।

ਹੇ ਮਾਂ! ਪ੍ਰਭੂ-ਪਾਤਿਸ਼ਾਹ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ । ਜਿਸ ਜੀਵ-ਇਸਤ੍ਰੀ ਨੂੰ ਗੁਰੂ ਨੇ ਉਹ ਮਿਲਾ ਦਿੱਤਾ, ਜਿਸ ਦੀ ਉਸ ਨੂੰ ਤਾਂਘ ਲੱਗ ਰਹੀ ਸੀ, ਉਸ ਦਾ ਸਾਰਾ ਚਿੰਤਾ-ਫ਼ਿਕਰ ਮੁੱਕ ਜਾਂਦਾ ਹੈ ।ਰਹਾਉ ਦੂਜਾ।੧੧।੬੧।

ਸੋਰਠਿ ਮਹਲਾ ੫ ॥ ਗਈ ਬਹੋੜੁ ਬੰਦੀ ਛੋੜੁ ਨਿਰੰਕਾਰੁ ਦੁਖਦਾਰੀ ॥ ਕਰਮੁ ਨ ਜਾਣਾ ਧਰਮੁ ਨ ਜਾਣਾ ਲੋਭੀ ਮਾਇਆਧਾਰੀ ॥ ਨਾਮੁ ਪਰਿਓ ਭਗਤੁ ਗੋਵਿੰਦ ਕਾ ਇਹ ਰਾਖਹੁ ਪੈਜ ਤੁਮਾਰੀ ॥੧॥ ਹਰਿ ਜੀਉ ਨਿਮਾਣਿਆ ਤੂ ਮਾਣੁ ॥ ਨਿਚੀਜਿਆ ਚੀਜ ਕਰੇ ਮੇਰਾ ਗੋਵਿੰਦੁ ਤੇਰੀ ਕੁਦਰਤਿ ਕਉ ਕੁਰਬਾਣੁ ॥ ਰਹਾਉ ॥ ਜੈਸਾ ਬਾਲਕੁ ਭਾਇ ਸੁਭਾਈ ਲਖ ਅਪਰਾਧ ਕਮਾਵੈ ॥ ਕਰਿ ਉਪਦੇਸੁ ਝਿੜਕੇ ਬਹੁ ਭਾਤੀ ਬਹੁੜਿ ਪਿਤਾ ਗਲਿ ਲਾਵੈ ॥ ਪਿਛਲੇ ਅਉਗੁਣ ਬਖਸਿ ਲਏ ਪ੍ਰਭੁ ਆਗੈ ਮਾਰਗਿ ਪਾਵੈ ॥੨॥ ਹਰਿ ਅੰਤਰਜਾਮੀ ਸਭ ਬਿਧਿ ਜਾਣੈ ਤਾ ਕਿਸੁ ਪਹਿ ਆਖਿ ਸੁਣਾਈਐ ॥ ਕਹਣੈ ਕਥਨਿ ਨ ਭੀਜੈ ਗੋਬਿੰਦੁ ਹਰਿ ਭਾਵੈ ਪੈਜ ਰਖਾਈਐ ॥ ਅਵਰ ਓਟ ਮੈ ਸਗਲੀ ਦੇਖੀ ਇਕ ਤੇਰੀ ਓਟ ਰਹਾਈਐ ॥੩॥ ਹੋਇ ਦਇਆਲੁ ਕਿਰਪਾਲੁ ਪ੍ਰਭੁ ਠਾਕੁਰੁ ਆਪੇ ਸੁਣੈ ਬੇਨੰਤੀ ॥ ਪੂਰਾ ਸਤਗੁਰੁ ਮੇਲਿ ਮਿਲਾਵੈ ਸਭ ਚੂਕੈ ਮਨ ਕੀ ਚਿੰਤੀ ॥ ਹਰਿ ਹਰਿ ਨਾਮੁ ਅਵਖਦੁ ਮੁਖਿ ਪਾਇਆ ਜਨ ਨਾਨਕ ਸੁਖਿ ਵਸੰਤੀ ॥੪॥੧੨॥੬੨॥ {ਪੰਨਾ 624}

ਪਦਅਰਥ:- ਗਈ ਬਹੋੜੁ—(ਆਤਮਕ ਜੀਵਨ ਦੀ) ਗਵਾਚੀ ਹੋਈ (ਰਾਸਿ-ਪੂੰਜੀ) ਨੂੰ ਵਾਪਸ ਦਿਵਾਣ ਵਾਲਾ । ਬੰਦੀ ਛੋੜੁ—(ਵਿਕਾਰਾਂ ਦੀ) ਕੈਦ ਵਿਚੋਂ ਛੁਡਾਣ ਵਾਲਾ । ਦੁਖ ਦਾਰੀ—ਦੁੱਖਾਂ ਵਿਚ ਦਾਰੀ ਕਰਨ ਵਾਲਾ, ਦੁੱਖਾਂ ਵਿਚ ਧੀਰਜ ਦੇਣ ਵਾਲਾ । ਪੈਜ—ਇੱਜ਼ਤ, ਲਾਜ ।੧।

ਨਿਚੀਜਿਆ—ਨਕਾਰਿਆਂ ਨੂੰ । ਚੀਜ ਕਰੇ—ਆਦਰ-ਜੋਗ ਬਣਾ ਦੇਂਦਾ ਹੈ ।ਰਹਾਉ।

ਭਾਇ—ਪ੍ਰੇਮ ਨਾਲ, ਆਪਣੀ ਲਗਨ ਨਾਲ । ਸੁਭਾਈ—ਆਪਣੇ ਸੁਭਾਵ ਅਨੁਸਾਰ । ਕਰਿ—ਕਰ ਕੇ । ਬਹੁ ਭਾਤੀ—ਕਈ ਤਰੀਕਿਆਂ ਨਾਲ । ਬਹੁੜਿ—ਮੁੜ, ਫਿਰ । ਗਲਿ—ਗਲ ਨਾਲ । ਮਾਰਗਿ—(ਸਿੱਧੇ) ਰਸਤੇ ਉਤੇ ।੨।

ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਸਭ ਬਿਧਿ—ਹਰੇਕ (ਆਤਮਕ) ਹਾਲਤ । ਪਹਿ—ਪਾਸ । ਕਥਨਿ—ਕਥਨ ਕਰਨ ਨਾਲ, ਜ਼ਬਾਨੀ ਕਹਿ ਦੇਣ ਨਾਲ । ਭੀਜੈ—ਖ਼ੁਸ਼ ਹੁੰਦਾ । ਭਾਵੈ—ਚੰਗਾ ਲੱਗਦਾ ਹੈ । ਪੈਜ—ਇੱਜ਼ਤ । ਓਟ—ਆਸਰਾ । ਰਹਾਈਐ—ਰੱਖੀ ਹੋਈ ਹੈ ।

ਹੋਇ—ਹੋ ਕੇ । ਆਪੇ—ਆਪ ਹੀ । ਮੇਲਿ—ਮੇਲੇ, ਮੇਲਦਾ ਹੈ । ਚੁਕੇ—ਮੁੱਕ ਜਾਂਦੀ ਹੈ । ਚਿੰਤੀ—ਚਿੰਤਾ । ਅਵਖਦੁ—ਦਵਾਈ । ਮੁਖਿ—ਮੂੰਹ ਵਿਚ । ਸੁਖਿ—ਆਤਮਕ ਆਨੰਦ ਵਿਚ । ਵਸੰਤੀ—ਵੱਸਦਾ ਹੈ ।੪।

ਅਰਥ:- ਹੇ ਪ੍ਰਭੂ ਜੀ! ਤੂੰ ਉਹਨਾਂ ਬੰਦਿਆਂ ਨੂੰ ਮਾਣ ਦੇਂਦਾ ਹੈਂ, ਜਿਨ੍ਹਾਂ ਦਾ ਹੋਰ ਕੋਈ ਮਾਣ ਨਹੀਂ ਕਰਦਾ । ਮੈਂ ਤੇਰੀ ਤਾਕਤ ਤੋਂ ਸਦਕੇ ਤੋਂ ਜਾਂਦਾ ਹਾਂ । ਹੇ ਭਾਈ! ਮੇਰਾ ਗੋਬਿੰਦ ਨਕਾਰਿਆਂ ਨੂੰ ਭੀ ਆਦਰ-ਜੋਗ ਬਣਾ ਦੇਂਦਾ ਹੈ ।ਰਹਾਉ।

ਹੇ ਪ੍ਰਭੂ! ਤੂੰ (ਆਤਮਕ ਜੀਵਨ ਦੀ) ਗਵਾਚੀ ਹੋਈ (ਰਾਸਿ-ਪੂੰਜੀ) ਨੂੰ ਵਾਪਸ ਦਿਵਾਣ ਵਾਲਾ ਹੈਂ, ਤੂੰ (ਵਿਕਾਰਾਂ ਦੀ) ਕੈਦ ਵਿਚੋਂ ਛੁਡਾਣ ਵਾਲਾ ਹੈਂ, ਤੇਰਾ ਕੋਈ ਖ਼ਾਸ ਸਰੂਪ ਨਹੀਂ ਦੱਸਿਆ ਜਾ ਸਕਦਾ, ਤੂੰ (ਜੀਵਾਂ ਨੂੰ) ਦੁੱਖਾਂ ਵਿਚ ਢਾਰਸ ਦੇਣ ਵਾਲਾ ਹੈਂ । ਹੇ ਪ੍ਰਭੂ! ਮੈਂ ਕੋਈ ਚੰਗਾ ਕਰਮ ਕੋਈ ਚੰਗਾ ਧਰਮ ਕਰਨਾ ਨਹੀਂ ਜਾਣਦਾ, ਮੈਂ ਲੋਭ ਵਿਚ ਫਸਿਆ ਰਹਿੰਦਾ ਹਾਂ, ਮੈਂ ਮਾਇਆ ਦੇ ਮੋਹ ਵਿਚ ਗ੍ਰਸਿਆ ਰਹਿੰਦਾ ਹਾਂ । ਪਰ ਹੇ ਪ੍ਰਭੂ! ਮੇਰਾ ਨਾਮ 'ਗੋਬਿੰਦ ਦਾ ਭਗਤ' ਪੈ ਗਿਆ ਹੈ । ਸੋ, ਹੁਣ ਤੂੰ ਆਪਣੇ ਨਾਮ ਦੀ ਆਪ ਲਾਜ ਰੱਖ ।੧।

ਹੇ ਭਾਈ! ਜਿਵੇਂ ਕੋਈ ਬੱਚਾ ਆਪਣੀ ਲਗਨ ਅਨੁਸਾਰ ਸੁਭਾਵ ਅਨੁਸਾਰ ਲੱਖਾਂ ਗ਼ਲਤੀਆਂ ਕਰਦਾ ਹੈ, ਉਸ ਦਾ ਪਿਉ ਉਸ ਨੂੰ ਸਿੱਖਿਆ ਦੇ ਦੇ ਕੇ ਕਈ ਤਰੀਕਿਆਂ ਨਾਲ ਝਿੜਕਦਾ ਭੀ ਹੈ, ਪਰ ਫਿਰ ਆਪਣੇ ਗਲ ਨਾਲ (ਉਸ ਨੂੰ) ਲਾ ਲੈਂਦਾ ਹੈ, ਇਸੇ ਤਰ੍ਹਾਂ ਪ੍ਰਭੂ-ਪਿਤਾ ਭੀ ਜੀਵਾਂ ਦੇ ਪਿਛਲੇ ਗੁਨਾਹ ਬਖ਼ਸ਼ ਲੈਂਦਾ ਹੈ, ਤੇ ਅਗਾਂਹ ਵਾਸਤੇ (ਜੀਵਨ ਦੇ) ਠੀਕ ਰਸਤੇ ਉਤੇ ਪਾ ਦੇਂਦਾ ਹੈ ।੧।

ਹੇ ਭਾਈ! ਪਰਮਾਤਮਾ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, (ਜੀਵਾਂ ਦੀ) ਹਰੇਕ (ਆਤਮਕ) ਹਾਲਤ ਨੂੰ ਜਾਣਦਾ ਹੈ । (ਉਸ ਨੂੰ ਛੱਡ ਕੇ) ਹੋਰ ਕਿਸ ਪਾਸ (ਆਪਣੀ ਬਿਰਥਾ) ਆਖ ਕੇ ਸੁਣਾਈ ਜਾ ਸਕਦੀ ਹੈ? ਹੇ ਭਾਈ! ਪਰਮਾਤਮਾ ਨਿਰੀਆਂ ਜ਼ਬਾਨੀ ਗੱਲਾਂ ਨਾਲ ਖ਼ੁਸ਼ ਨਹੀਂ ਹੁੰਦਾ । (ਕਰਣੀ ਕਰ ਕੇ ਜੇਹੜਾ ਮਨੁੱਖ) ਪਰਮਾਤਮਾ ਨੂੰ ਚੰਗਾ ਲੱਗ ਪੈਂਦਾ ਹੈ, ਉਸ ਦੀ ਉਹ ਇੱਜ਼ਤ ਰੱਖ ਲੈਂਦਾ ਹੈ ।

ਹੇ ਪ੍ਰਭੂ! ਮੈਂ ਹੋਰ ਸਾਰੇ ਆਸਰੇ ਵੇਖ ਲਏ ਹਨ, ਮੈਂ ਇਕ ਤੇਰਾ ਆਸਰਾ ਹੀ ਰੱਖਿਆ ਹੋਇਆ ਹੈ ।੩।

ਹੇ ਭਾਈ! ਮਾਲਕ-ਪ੍ਰਭੂ ਦਇਆਵਾਨ ਹੋ ਕੇ ਕਿਰਪਾਲ ਹੋ ਕੇ ਆਪ ਹੀ (ਜਿਸ ਮਨੁੱਖ ਦੀ) ਬੇਨਤੀ ਸੁਣ ਲੈਂਦਾ ਹੈ, ਉਸ ਨੂੰ ਪੂਰਾ ਗੁਰੂ ਮੇਲ ਦੇਂਦਾ ਹੈ ਮਿਲਾ ਦੇਂਦਾ ਹੈ (ਇਸ ਤਰ੍ਹਾਂ, ਉਸ ਮਨੁੱਖ ਦੇ) ਮਨ ਦੀ ਹਰੇਕ ਚਿੰਤਾ ਮੁੱਕ ਜਾਂਦੀ ਹੈ ।

ਹੇ ਦਾਸ ਨਾਨਕ! (ਆਖ—ਗੁਰੂ ਜਿਸ ਮਨੁੱਖ ਦੇ) ਮੂੰਹ ਵਿਚ ਪਰਮਾਤਮਾ ਦਾ ਨਾਮ-ਦਵਾਈ ਪਾ ਦੇਂਦਾ ਹੈ, ਉਹ ਮਨੁੱਖ ਆਤਮਕ ਆਨੰਦ ਵਿਚ ਜੀਵਨ ਬਿਤੀਤ ਕਰਦਾ ਹੈ ।੪।੧੨।੬੨।

ਸੋਰਠਿ ਮਹਲਾ ੫ ॥ ਸਿਮਰਿ ਸਿਮਰਿ ਪ੍ਰਭ ਭਏ ਅਨੰਦਾ ਦੁਖ ਕਲੇਸ ਸਭਿ ਨਾਠੇ ॥ ਗੁਨ ਗਾਵਤ ਧਿਆਵਤ ਪ੍ਰਭੁ ਅਪਨਾ ਕਾਰਜ ਸਗਲੇ ਸਾਂਠੇ ॥੧॥ ਜਗਜੀਵਨ ਨਾਮੁ ਤੁਮਾਰਾ ॥ ਗੁਰ ਪੂਰੇ ਦੀਓ ਉਪਦੇਸਾ ਜਪਿ ਭਉਜਲੁ ਪਾਰਿ ਉਤਾਰਾ ॥ ਰਹਾਉ ॥ ਤੂਹੈ ਮੰਤ੍ਰੀ ਸੁਨਹਿ ਪ੍ਰਭ ਤੂਹੈ ਸਭੁ ਕਿਛੁ ਕਰਣੈਹਾਰਾ ॥ ਤੂ ਆਪੇ ਦਾਤਾ ਆਪੇ ਭੁਗਤਾ ਕਿਆ ਇਹੁ ਜੰਤੁ ਵਿਚਾਰਾ ॥੨॥ ਕਿਆ ਗੁਣ ਤੇਰੇ ਆਖਿ ਵਖਾਣੀ ਕੀਮਤਿ ਕਹਣੁ ਨ ਜਾਈ ॥ ਪੇਖਿ ਪੇਖਿ ਜੀਵੈ ਪ੍ਰਭੁ ਅਪਨਾ ਅਚਰਜੁ ਤੁਮਹਿ ਵਡਾਈ ॥੩॥ ਧਾਰਿ ਅਨੁਗ੍ਰਹੁ ਆਪਿ ਪ੍ਰਭ ਸ੍ਵਾਮੀ ਪਤਿ ਮਤਿ ਕੀਨੀ ਪੂਰੀ ॥ ਸਦਾ ਸਦਾ ਨਾਨਕ ਬਲਿਹਾਰੀ ਬਾਛਉ ਸੰਤਾ ਧੂਰੀ ॥੪॥੧੩॥੬੩॥ {ਪੰਨਾ 625}

ਪਦਅਰਥ:- ਸਿਮਰਿ ਸਿਮਰਿ—ਮੁੜ ਮੁੜ ਸਿਮਰ ਕੇ । ਕਲੇਸ—ਝਗੜੇ । ਸਭਿ—ਸਾਰੇ । ਸਾਂਠੇ—ਸਾਧ ਲਏ । ਸਗਲੇ—ਸਾਰੇ ।੧।

ਜਗ ਜੀਵਨ—ਜਗਤ (ਦੇ ਜੀਵਾਂ) ਨੂੰ ਆਤਮਕ ਜੀਵਨ ਦੇਣ ਵਾਲਾ । ਜਪਿ—ਜਪ ਕੇ । ਭਉਜਲੁ—ਸੰਸਾਰ-ਸਮੁੰਦਰ ।ਰਹਾਉ।

ਮੰਤ੍ਰੀ—ਸਲਾਹਕਾਰ । ਸੁਨਹਿ—ਤੂੰ ਸੁਣਦਾ ਹੈਂ । ਕਰਣੈਹਾਰਾ—ਕਰ ਸਕਣ ਦੀ ਸਮਰਥਾ ਵਾਲਾ । ਆਪੇ—ਆਪ ਹੀ । ਭੁਗਤਾ—ਭੋਗਣ ਵਾਲਾ । ਕਿਆ ਵਿਚਾਰਾ—ਕੋਈ ਪਾਂਇਆਂ ਨਹੀਂ ।੨।

ਵਖਾਣੀ—ਵਖਾਣੀਂ, ਮੈਂ ਬਿਆਨ ਕਰਾਂ । ਪੇਖਿ—ਵੇਖ ਕੇ । ਜੀਵੈ—ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ । ਤੁਮਹਿ—ਤੇਰੀ । ਵਡਾਈ—ਵਡੱਪਣ ।੩।

ਅਨੁਗ੍ਰਹੁ—ਕਿਰਪਾ । ਧਾਰਿ—ਕਰ ਕੇ । ਪ੍ਰਭ—ਹੇ ਪ੍ਰਭੂ । ਪਤਿ—ਇੱਜ਼ਤ । ਮਤਿ—ਅਕਲ । ਬਲਿਹਾਰੀ—ਸਦਕੇ । ਬਾਛਹੁ—ਬਾਛਉਂ, ਮੈਂ ਚਾਹੁੰਦਾ ਹਾਂ । ਧੂਰੀ—ਚਰਨ-ਧੂੜ ।੪।

ਅਰਥ:- ਹੇ ਪ੍ਰਭੂ! ਤੇਰਾ ਨਾਮ ਜਗਤ (ਦੇ ਜੀਵਾਂ) ਨੂੰ ਆਤਮਕ ਜੀਵਨ ਦੇਣ ਵਾਲਾ ਹੈ । ਪੂਰੇ ਸਤਿਗੁਰੂ ਨੇ (ਜਿਸ ਮਨੁੱਖ ਨੂੰ ਤੇਰਾ ਨਾਮ ਸਿਮਰਨ ਦਾ) ਉਪਦੇਸ਼ ਦਿੱਤਾ, (ਉਹ ਮਨੁੱਖ) ਨਾਮ ਜਪ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ।ਰਹਾਉ।

ਹੇ ਪ੍ਰਭੂ! ਤੇਰਾ ਨਾਮ ਸਿਮਰ ਸਿਮਰ ਕੇ (ਸਿਮਰਨ ਕਰਨ ਵਾਲੇ ਮਨੁੱਖ) ਪ੍ਰਸੰਨਚਿੱਤ ਹੋ ਜਾਂਦੇ ਹਨ, (ਉਹਨਾਂ ਦੇ ਅੰਦਰੋਂ) ਸਾਰੇ ਦੁੱਖ-ਕਲੇਸ਼ ਦੂਰ ਹੋ ਜਾਂਦੇ ਹਨ । (ਹੇ ਭਾਈ! ਵਡ-ਭਾਗੀ ਮਨੁੱਖ) ਆਪਣੇ ਪ੍ਰਭੂ ਦੇ ਗੁਣ ਗਾਂਦਿਆਂ ਅਤੇ ਉਸ ਦਾ ਧਿਆਨ ਧਰਦਿਆਂ ਆਪਣੇ ਸਾਰੇ ਕੰਮ ਸਵਾਰ ਲੈਂਦੇ ਹਨ ।੧।

ਹੇ ਪ੍ਰਭੂ! ਤੂੰ ਆਪ ਹੀ ਆਪਣਾ ਸਲਾਹਕਾਰ ਹੈਂ, ਤੂੰ ਆਪ ਹੀ (ਹਰੇਕ ਜੀਵ ਨੂੰ) ਦਾਤਾਂ ਦੇਣ ਵਾਲਾ ਹੈਂ, ਤੂੰ ਆਪ ਹੀ (ਹਰੇਕ ਜੀਵ ਵਿਚ ਬੈਠਾ ਪਦਾਰਥਾਂ ਨੂੰ) ਭੋਗਣ ਵਾਲਾ ਹੈਂ । ਇਸ ਜੀਵ ਦੀ ਕੋਈ ਪਾਂਇਆਂ ਨਹੀਂ ਹੈ ।੨।

ਹੇ ਪ੍ਰਭੂ! ਮੈਂ ਤੇਰੇ ਗੁਣ ਆਖ ਕੇ ਬਿਆਨ ਕਰਨ ਜੋਗਾ ਨਹੀਂ ਹਾਂ । ਤੇਰੀ ਕਦਰ-ਕੀਮਤ ਦੱਸੀ ਨਹੀਂ ਜਾ ਸਕਦੀ । ਤੇਰਾ ਵਡੱਪਣ ਹੈਰਾਨ ਕਰ ਦੇਣ ਵਾਲਾ ਹੈ । (ਹੇ ਭਾਈ! ਮਨੁੱਖ) ਆਪਣੇ ਪ੍ਰਭੂ ਦਾ ਦਰਸ਼ਨ ਕਰ ਕਰ ਕੇ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ ।੩।

ਹੇ ਪ੍ਰਭੂ! ਹੇ ਸੁਆਮੀ! ਤੂੰ ਆਪ ਹੀ (ਜੀਵ ਉਤੇ) ਕਿਰਪਾ ਕਰ ਕੇ ਉਸ ਨੂੰ (ਲੋਕ ਪਰਲੋਕ ਵਿਚ) ਇੱਜ਼ਤ

ਬਖ਼ਸ਼ਦਾ ਹੈਂ, ਉਸ ਨੂੰ ਪੂਰੀ ਅਕਲ ਦੇ ਦੇਂਦਾ ਹੈਂ । ਹੇ ਨਾਨਕ! (ਆਖ—ਹੇ ਪ੍ਰਭੂ!) ਮੈਂ ਸਦਾ ਹੀ ਤੈਥੋਂ ਕੁਰਬਾਨ ਜਾਂਦਾ ਹਾਂ । ਮੈਂ (ਤੇਰੇ ਦਰ ਤੋਂ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ ।੪।੧੩।੬੩।

ਸੋਰਠਿ ਮਃ ੫ ॥ ਗੁਰੁ ਪੂਰਾ ਨਮਸਕਾਰੇ ॥ ਪ੍ਰਭਿ ਸਭੇ ਕਾਜ ਸਵਾਰੇ ॥ ਹਰਿ ਅਪਣੀ ਕਿਰਪਾ ਧਾਰੀ ॥ ਪ੍ਰਭ ਪੂਰਨ ਪੈਜ ਸਵਾਰੀ ॥੧॥ ਅਪਨੇ ਦਾਸ ਕੋ ਭਇਓ ਸਹਾਈ ॥ ਸਗਲ ਮਨੋਰਥ ਕੀਨੇ ਕਰਤੈ ਊਣੀ ਬਾਤ ਨ ਕਾਈ ॥ ਰਹਾਉ ॥ ਕਰਤੈ ਪੁਰਖਿ ਤਾਲੁ ਦਿਵਾਇਆ ॥ ਪਿਛੈ ਲਗਿ ਚਲੀ ਮਾਇਆ ॥ ਤੋਟਿ ਨ ਕਤਹੂ ਆਵੈ ॥ ਮੇਰੇ ਪੂਰੇ ਸਤਗੁਰ ਭਾਵੈ ॥੨॥ ਸਿਮਰਿ ਸਿਮਰਿ ਦਇਆਲਾ ॥ ਸਭਿ ਜੀਅ ਭਏ ਕਿਰਪਾਲਾ ॥ ਜੈ ਜੈ ਕਾਰੁ ਗੁਸਾਈ ॥ ਜਿਨਿ ਪੂਰੀ ਬਣਤ ਬਣਾਈ ॥੩॥ ਤੂ ਭਾਰੋ ਸੁਆਮੀ ਮੋਰਾ ॥ ਇਹੁ ਪੁੰਨੁ ਪਦਾਰਥੁ ਤੇਰਾ ॥ ਜਨ ਨਾਨਕ ਏਕੁ ਧਿਆਇਆ ॥ ਸਰਬ ਫਲਾ ਪੁੰਨੁ ਪਾਇਆ ॥੪॥੧੪॥੬੪॥ {ਪੰਨਾ 625}

ਪਦਅਰਥ:- ਨਮਸਕਾਰੇ—ਸਿਰ ਨਿਵਾਂਦਾ ਹੈ, ਸ਼ਰਨ ਪੈਂਦਾ ਹੈ । ਪ੍ਰਭਿ—ਪ੍ਰਭੂ ਨੇ । ਪੈਜ—ਇੱਜ਼ਤ ।੧।

ਕੋ—ਦਾ । ਸਹਾਈ—ਮਦਦਗਾਰ । ਕਰਤੈ—ਕਰਤਾਰ ਨੇ । ਊਣੀ ਬਾਤ—ਘਾਟ, ਕਮੀ ।ਰਹਾਉ।

ਪੁਰਖਿ—ਪੁਰਖ ਨੇ, ਸਰਬ-ਵਿਆਪਕ ਪ੍ਰਭੂ ਨੇ । ਤਾਲੁ—ਤਾਲਾ, ਜੰਦ੍ਰਾ, ਗੁਪਤ ਨਾਮ-ਖ਼ਜ਼ਾਨਾ । ਦਿਵਾਇਆ—ਦਿਵਾ ਦਿੱਤਾ (ਗੁਰੂ ਦੀ ਰਾਹੀਂ) । ਤੋਟਿ—ਕਮੀ । ਕਤਹੂ—ਕਿਤੇ ਭੀ । ਸਤਗੁਰ ਭਾਵੈ—ਗੁਰੂ ਨੂੰ ਚੰਗੀ ਲੱਗਦੀ ਹੈ ।੨।

ਦਇਆਲਾ—ਦਇਆ-ਦਾ-ਘਰ ਪ੍ਰਭੂ । ਸਭਿ—ਸਾਰੇ । ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ} । ਕਿਰਪਾਲਾ—ਕਿਰਪਾ ਦੇ ਘਰ ਪ੍ਰਭੂ ਦਾ ਰੂਪ । ਜੈ ਜੈ ਕਾਰੁ—ਸੋਭਾ, ਸਿਫ਼ਤਿ-ਸਾਲਾਹ । ਗੁਸਾਈ—ਸ੍ਰਿਸ਼ਟੀ ਦਾ ਮਾਲਕ । ਜਿਨਿ—ਜਿਸ (ਗੁਸਾਈ) ਨੇ । ਬਣਤ—ਵਿਓਂਤ ।੩।

ਮੋਰਾ—ਮੇਰਾ । ਪੁੰਨੁ—ਬਖ਼ਸ਼ੀਸ਼ । ਪਦਾਰਥੁ—ਨਾਮ-ਵਸਤ । ਸਰਬ ਫਲਾ—ਸਾਰੇ ਫਲ ਦੇਣ ਵਾਲਾ ।੪।

ਅਰਥ:- ਹੇ ਭਾਈ! ਪਰਮਾਤਮਾ ਆਪਣੇ ਸੇਵਕ ਦਾ ਮਦਦਗਾਰ ਬਣਦਾ ਹੈ । ਕਰਤਾਰ ਨੇ (ਸਦਾ ਤੋਂ ਹੀ ਆਪਣੇ ਦਾਸ ਦੀਆਂ) ਸਾਰੀਆਂ ਮਨੋ-ਕਾਮਨਾਂ ਪੂਰੀਆਂ ਕੀਤੀਆਂ ਹਨ, ਸੇਵਕ ਨੂੰ (ਕਿਸੇ ਕਿਸਮ ਦੀ) ਕੋਈ ਥੁੜ ਨਹੀਂ ਰਹਿੰਦੀ ।ਰਹਾਉ।

ਹੇ ਭਾਈ! ਜੇਹੜਾ ਮਨੁੱਖ ਪੂਰੇ ਗੁਰੂ ਦੀ ਸ਼ਰਨ ਪੈਂਦਾ ਹੈ (ਯਕੀਨ ਜਾਣੋ ਕਿ) ਪਰਮਾਤਮਾ ਨੇ ਉਸ ਦੇ ਸਾਰੇ ਕੰਮ ਸਵਾਰ ਦਿੱਤੇ, ਪ੍ਰਭੂ ਨੇ ਉਸ ਮਨੁੱਖ ਉੱਤੇ ਮੇਹਰ (ਦੀ ਨਿਗਾਹ) ਕੀਤੀ, ਤੇ (ਲੋਕ ਪਰਲੋਕ ਵਿਚ) ਉਸ ਦੀ ਲਾਜ ਚੰਗੀ ਤਰ੍ਹਾਂ ਰੱਖ ਲਈ ।੧।

(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ) ਸਰਬ-ਵਿਆਪਕ ਕਰਤਾਰ ਨੇ (ਉਸ ਨੂੰ ਗੁਰੂ ਦੀ ਰਾਹੀਂ) ਗੁਪਤ ਨਾਮ-ਖ਼ਜ਼ਾਨਾ ਦਿਵਾ ਦਿੱਤਾ, (ਉਸ ਨੂੰ ਮਾਇਆ ਦੀ ਲਾਲਸਾ ਨਹੀਂ ਰਹਿ ਜਾਂਦੀ) ਮਾਇਆ ਉਸ ਦੇ ਪਿੱਛੇ ਪਿੱਛੇ ਤੁਰੀ ਫਿਰਦੀ ਹੈ । (ਮਾਇਆ ਵਲੋਂ ਉਸ ਨੂੰ) ਕਿਤੇ ਭੀ ਘਾਟ ਮਹਿਸੂਸ ਨਹੀਂ ਹੁੰਦੀ । ਮੇਰੇ ਪੂਰੇ ਸਤਿਗੁਰੂ ਨੂੰ (ਉਸ ਵਡ-ਭਾਗੀ ਮਨੁੱਖ ਵਾਸਤੇ ਇਹੀ ਗੱਲ) ਚੰਗੀ ਲੱਗਦੀ ਹੈ ।੨।

ਹੇ ਭਾਈ! ਦਇਆ ਦੇ ਘਰ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ (ਸਿਮਰਨ ਕਰਨ ਵਾਲੇ) ਸਾਰੇ ਹੀ ਜੀਵ ਉਸ ਦਇਆ-ਸਰੂਪ ਪ੍ਰਭੂ ਦਾ ਰੂਪ ਬਣ ਜਾਂਦੇ ਹਨ । (ਇਸ ਵਾਸਤੇ, ਹੇ ਭਾਈ!) ਉਸ ਸ੍ਰਿਸ਼ਟੀ ਦੇ ਮਾਲਕ-

ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਰਿਹਾ ਕਰੋ, ਜਿਸ ਨੇ (ਜੀਵਾਂ ਨੂੰ ਆਪਣੇ ਨਾਲ ਮਿਲਾਣ ਦੀ) ਇਹ ਸੋਹਣੀ ਵਿਓਂਤ ਬਣਾ ਦਿੱਤੀ ਹੈ ।੩।

ਹੇ ਪ੍ਰਭੂ! ਤੂੰ ਮੇਰਾ ਵੱਡਾ ਮਾਲਕ ਹੈਂ । ਤੇਰਾ ਨਾਮ-ਪਦਾਰਥ (ਜੋ ਮੈਨੂੰ ਗੁਰੂ ਦੀ ਰਾਹੀਂ ਮਿਲਿਆ ਹੈ) ਤੇਰੀ ਹੀ ਬਖ਼ਸ਼ਸ਼ ਹੈ । ਹੇ ਦਾਸ ਨਾਨਕ! (ਆਖ—) ਜਿਸ ਮਨੁੱਖ ਨੇ (ਗੁਰੂ ਦੀ ਸ਼ਰਨ ਪੈ ਕੇ) ਪਰਮਾਤਮਾ ਦਾ ਸਿਮਰਨਾ ਸ਼ੁਰੂ ਕਰ ਦਿੱਤਾ, ਉਸ ਨੇ ਸਾਰੇ ਫਲ ਦੇਣ ਵਾਲੀ (ਰੱਬੀ) ਬਖ਼ਸ਼ਸ਼ ਪ੍ਰਾਪਤ ਕਰ ਲਈ ।੪।੧੪।੬੪।

ਸੋਰਠਿ ਮਹਲਾ ੫ ਘਰੁ ੩ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਰਾਮਦਾਸ ਸਰੋਵਰਿ ਨਾਤੇ ॥ ਸਭਿ ਉਤਰੇ ਪਾਪ ਕਮਾਤੇ ॥ ਨਿਰਮਲ ਹੋਏ ਕਰਿ ਇਸਨਾਨਾ ॥ ਗੁਰਿ ਪੂਰੈ ਕੀਨੇ ਦਾਨਾ ॥੧॥ ਸਭਿ ਕੁਸਲ ਖੇਮ ਪ੍ਰਭਿ ਧਾਰੇ ॥ ਸਹੀ ਸਲਾਮਤਿ ਸਭਿ ਥੋਕ ਉਬਾਰੇ ਗੁਰ ਕਾ ਸਬਦੁ ਵੀਚਾਰੇ ॥ ਰਹਾਉ ॥ ਸਾਧਸੰਗਿ ਮਲੁ ਲਾਥੀ ॥ ਪਾਰਬ੍ਰਹਮੁ ਭਇਓ ਸਾਥੀ ॥ ਨਾਨਕ ਨਾਮੁ ਧਿਆਇਆ ॥ ਆਦਿ ਪੁਰਖ ਪ੍ਰਭੁ ਪਾਇਆ ॥੨॥੧॥੬੫॥ {ਪੰਨਾ 625}

ਪਦਅਰਥ:- ਰਾਮਦਾਸ ਸਰੋਵਰਿ—ਰਾਮ ਦੇ ਦਾਸਾਂ ਦੇ ਸਰੋਵਰ ਵਿਚ, ਸਾਧ ਸੰਗਤਿ ਵਿਚ ਜਿਥੇ ਨਾਮ-ਜਲ ਦਾ ਪ੍ਰਵਾਹ ਚੱਲਦਾ ਹੈ । ਨਾਤੇ—ਨ੍ਹਾਤੇ । ਸਭਿ—ਸਾਰੇ । ਕਮਾਤੇ—ਕਮਾਏ ਹੋਏ, ਕੀਤੇ ਹੋਏ । ਕਰਿ—ਕਰ ਕੇ । ਗੁਰਿ—ਗੁਰੂ ਨੇ । ਦਾਨਾ—ਬਖ਼ਸ਼ਸ਼ ।੧।

ਸਭਿ—ਸਾਰੇ । ਕੁਸਲ ਖੇਮ—ਸੁਖ ਆਨੰਦ । ਪ੍ਰਭਿ—ਪ੍ਰਭੂ ਨੇ । ਸਭਿ ਥੋਕ—ਸਾਰੀਆਂ ਚੀਜ਼ਾਂ, ਆਤਮਕ ਜੀਵਨ ਦੇ ਸਾਰੇ ਗੁਣ । ਉਬਾਰੇ—ਬਚਾ ਲਏ । ਬੀਚਾਰੇ—ਬੀਚਾਰਿ, ਵਿਚਾਰ ਕੇ, ਸੋਚ-ਮੰਡਲ ਵਿਚ ਟਿਕਾ ਕੇ ।ਰਹਾਉ।

ਸਾਧ ਸੰਗਿ—ਸਾਧ ਸੰਗਤਿ ਵਿਚ । ਮਲੁ—ਵਿਕਾਰਾਂ ਦੀ ਮੈਲ । ਸਾਥੀ—ਸਹਾਈ । ਪੁਰਖ—ਸਰਬ-ਵਿਆਪਕ ।੨।

ਅਰਥ:- ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਨੂੰ ਆਪਣੀ ਸੋਚ-ਮੰਡਲ ਵਿਚ ਟਿਕਾ ਕੇ ਆਤਮਕ ਜੀਵਨ ਦੇ ਸਾਰੇ ਗੁਣ (ਵਿਕਾਰਾਂ ਦੇ ਢਹੇ ਚੜ੍ਹਨ ਤੋਂ) ਠੀਕ-ਠਾਕ ਬਚਾ ਲਏ, ਪ੍ਰਭੂ ਨੇ (ਉਸ ਦੇ ਹਿਰਦੇ ਵਿਚ) ਸਾਰੇ ਆਤਮਕ ਸੁਖ ਆਨੰਦ ਪੈਦਾ ਕਰ ਦਿੱਤੇ ।ਰਹਾਉ।

ਹੇ ਭਾਈ! ਜੇਹੜੇ ਮਨੁੱਖ ਰਾਮ ਦੇ ਦਾਸਾਂ ਦੇ ਸਰੋਵਰ ਵਿਚ (ਸਾਧ ਸੰਗਤਿ ਵਿਚ ਨਾਮ-ਅੰਮ੍ਰਿਤ ਨਾਲ) ਇਸ਼ਨਾਨ ਕਰਦੇ ਹਨ, ਉਹਨਾਂ ਦੇ (ਪਿਛਲੇ) ਕੀਤੇ ਹੋਏ ਸਾਰੇ ਪਾਪ ਲਹਿ ਜਾਂਦੇ ਹਨ । (ਹਰਿ-ਨਾਮ-ਜਲ ਨਾਲ) ਇਸ਼ਨਾਨ ਕਰ ਕੇ ਉਹ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ । ਪਰ ਇਹ ਬਖ਼ਸ਼ਸ਼ ਪੂਰੇ ਗੁਰੂ ਨੇ ਹੀ ਕੀਤੀ ਹੁੰਦੀ ਹੈ ।੧।

ਹੇ ਭਾਈ! ਸਾਧ ਸੰਗਤਿ ਵਿਚ (ਟਿਕਿਆਂ) ਵਿਕਾਰਾਂ ਦੀ ਮੈਲ ਦੂਰ ਹੋ ਜਾਂਦੀ ਹੈ, (ਸਾਧ ਸੰਗਤਿ ਦੀ ਬਰਕਤਿ ਨਾਲ) ਪਰਮਾਤਮਾ ਮਦਦਗਾਰ ਬਣ ਜਾਂਦਾ ਹੈ । ਹੇ ਨਾਨਕ! (ਜਿਸ ਮਨੁੱਖ ਨੇ ਰਾਮਦਾਸ-ਸਰੋਵਰ ਵਿਚ ਆ ਕੇ) ਪਰਮਾਤਮਾ ਦਾ ਨਾਮ ਸਿਮਰਿਆ, ਉਸ ਨੇ ਉਸ ਪ੍ਰਭੂ ਨੂੰ ਲੱਭ ਲਿਆ ਜੋ ਸਭ ਦਾ ਮੁੱਢ ਹੈ ਅਤੇ ਜੋ ਸਰਬ-ਵਿਆਪਕ ਹੈ ।੨।੧।੬੫।

ਨੋਟ—ਇਥੋਂ 'ਘਰੁ ੩' ਦੇ ਸ਼ਬਦ ਦੋ ਬੰਦਾਂ ਵਾਲੇ ਸ਼ੁਰੂ ਹੋਏ ਹਨ । ਦੁ-ਪਦੇ—ਦੋ ਬੰਦਾਂ ਵਾਲੇ ।

ਸੋਰਠਿ ਮਹਲਾ ੫ ॥ ਜਿਤੁ ਪਾਰਬ੍ਰਹਮੁ ਚਿਤਿ ਆਇਆ ॥ ਸੋ ਘਰੁ ਦਯਿ ਵਸਾਇਆ ॥ ਸੁਖ ਸਾਗਰੁ ਗੁਰੁ ਪਾਇਆ ॥ ਤਾ ਸਹਸਾ ਸਗਲ ਮਿਟਾਇਆ ॥੧॥ ਹਰਿ ਕੇ ਨਾਮ ਕੀ ਵਡਿਆਈ ॥ ਆਠ ਪਹਰ ਗੁਣ ਗਾਈ ॥ ਗੁਰ ਪੂਰੇ ਤੇ ਪਾਈ ॥ ਰਹਾਉ ॥ ਪ੍ਰਭ ਕੀ ਅਕਥ ਕਹਾਣੀ ॥ ਜਨ ਬੋਲਹਿ ਅੰਮ੍ਰਿਤ ਬਾਣੀ ॥ ਨਾਨਕ ਦਾਸ ਵਖਾਣੀ ॥ ਗੁਰ ਪੂਰੇ ਤੇ ਜਾਣੀ ॥੨॥੨॥੬੬॥ {ਪੰਨਾ 626}

ਪਦਅਰਥ:- ਜਿਤੁ—ਜਿਸ ਵਿਚ । ਚਿਤਿ—ਚਿੱਤ ਵਿਚ, ਹਿਰਦੇ ਵਿਚ । ਜਿਤੁ ਚਿਤਿ—ਜਿਸ ਹਿਰਦੇ-ਘਰ ਵਿਚ । ਸੋ ਘਰੁ—ਉਹ ਹਿਰਦਾ-ਘਰ । ਦਯਿ—ਪਿਆਰ ਕਰਨ ਵਾਲੇ ਪ੍ਰਭੂ ਨੇ । ਸੁਖ ਸਾਗਰੁ—ਸੁਖਾਂ ਦਾ ਸਮੁੰਦਰ । ਤਾ—ਤਦੋਂ । ਸਹਸਾ—ਸਹਿਮ ।੧।

ਵਡਿਆਈ—ਸੋਭਾ, ਸਿਫ਼ਤਿ-ਸਾਲਾਹ । ਆਠ ਪਹਿਰ—ਹਰ ਵੇਲੇ । ਤੇ—ਤੋਂ । ਪਾਈ—ਪ੍ਰਾਪਤ ਕੀਤੀ ।ਰਹਾਉ।

ਅਕਥ:- ਬਿਆਨ ਨਾਹ ਹੋ ਸਕਣ ਵਾਲੀ । ਕਹਾਣੀ—ਸਰੂਪ ਦਾ ਵਰਣਨ । ਬੋਲਹਿ—ਬੋਲਦੇ ਹਨ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ । ਵਖਾਣੀ—ਉਚਾਰੀ । ਤੇ—ਤੋਂ ।੨।

ਅਰਥ:- ਹੇ ਭਾਈ! ਪਰਮਾਤਮਾ ਦੇ ਨਾਮ ਦੀ ਸਿਫ਼ਤਿ-ਸਾਲਾਹ ਕਰਨੀ, ਅੱਠੇ ਪਹਿਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣੇ—(ਇਹ ਦਾਤਿ) ਪੂਰੇ ਗੁਰੂ ਤੋਂ ਹੀ ਮਿਲਦੀ ਹੈ ।ਰਹਾਉ।

ਹੇ ਭਾਈ! ਜਿਸ ਦੇ ਹਿਰਦੇ-ਘਰ ਵਿਚ ਪਰਮਾਤਮਾ ਆ ਵੱਸਿਆ ਹੈ, ਪ੍ਰੀਤਮ-ਪ੍ਰਭੂ ਨੇ ਉਹ ਹਿਰਦਾ-ਘਰ (ਆਤਮਕ ਗੁਣਾਂ ਨਾਲ) ਭਰਪੂਰ ਕਰ ਦਿੱਤਾ । ਹੇ ਭਾਈ! (ਜਦੋਂ ਕਿਸੇ ਵਡ-ਭਾਗੀ ਨੂੰ) ਸੁਖਾਂ ਦਾ ਸਮੁੰਦਰ ਗੁਰੂ ਮਿਲ ਪਿਆ, ਤਦੋਂ ਉਸ ਨੇ ਆਪਣਾ ਸਾਰਾ ਸਹਿਮ ਦੂਰ ਕਰ ਲਿਆ ।੧।

ਹੇ ਭਾਈ! ਪਰਮਾਤਮਾ ਦੇ ਸਰੂਪ ਦੀ ਗੱਲ-ਬਾਤ ਦੱਸੀ ਨਹੀਂ ਜਾ ਸਕਦੀ । ਪ੍ਰਭੂ ਦੇ ਸੇਵਕ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦੇ ਰਹਿੰਦੇ ਹਨ । ਹੇ ਨਾਨਕ! ਉਹੀ ਸੇਵਕ ਇਹ ਬਾਣੀ ਉਚਾਰਦੇ ਹਨ, ਜਿਨ੍ਹਾਂ ਨੇ ਪੂਰੇ ਗੁਰੂ ਪਾਸੋਂ ਇਹ ਸਮਝ ਹਾਸਲ ਕੀਤੀ ਹੈ ।੨।੨।੬੬।

ਸੋਰਠਿ ਮਹਲਾ ੫ ॥ ਆਗੈ ਸੁਖੁ ਗੁਰਿ ਦੀਆ ॥ ਪਾਛੈ ਕੁਸਲ ਖੇਮ ਗੁਰਿ ਕੀਆ ॥ ਸਰਬ ਨਿਧਾਨ ਸੁਖ ਪਾਇਆ ॥ ਗੁਰੁ ਅਪੁਨਾ ਰਿਦੈ ਧਿਆਇਆ ॥੧॥ ਅਪਨੇ ਸਤਿਗੁਰ ਕੀ ਵਡਿਆਈ ॥ ਮਨ ਇਛੇ ਫਲ ਪਾਈ ॥ ਸੰਤਹੁ ਦਿਨੁ ਦਿਨੁ ਚੜੈ ਸਵਾਈ ॥ ਰਹਾਉ ॥ ਜੀਅ ਜੰਤ ਸਭਿ ਭਏ ਦਇਆਲਾ ਪ੍ਰਭਿ ਅਪਨੇ ਕਰਿ ਦੀਨੇ ॥ ਸਹਜ ਸੁਭਾਇ ਮਿਲੇ ਗੋਪਾਲਾ ਨਾਨਕ ਸਾਚਿ ਪਤੀਨੇ ॥੨॥੩॥੬੭॥ {ਪੰਨਾ 626}

ਪਦਅਰਥ:- ਆਗੈ—ਪਰਲੋਕ ਵਿਚ, ਅਗਾਂਹ ਆਉਣ ਵਾਲੇ ਜੀਵਨ-ਸਮੇਂ ਵਿਚ । ਗੁਰਿ—ਗੁਰੂ ਨੇ । ਪਾਛੈ—ਬੀਤੇ ਸਮੇ ਵਿਚ, ਇਸ ਲੋਕ ਵਿਚ । ਕੁਸਲ ਖੇਮ—ਸੁਖ ਆਨੰਦ । ਨਿਧਾਨ—ਖ਼ਜ਼ਾਨੇ । ਰਿਦੈ—ਹਿਰਦੇ ਵਿਚ ।੧।

ਵਡਿਆਈ—ਵਡੱਪਣ, ਉੱਚੀ ਆਤਮਕ ਅਵਸਥਾ, ਵੱਡਾ ਜਿਗਰਾ । ਦਿਨੁ ਦਿਨੁ—ਹਰ ਰੋਜ਼, ਦਿਨੋ ਦਿਨ । ਸਵਾਈ—ਵਧੀਕ ।ਰਹਾਉ।

ਸਭਿ—ਸਾਰੇ । ਦਇਆਲਾ—ਦਇਆ ਦਾ ਘਰ, ਦਇਆ-ਭਰਪੂਰ । ਪ੍ਰਭਿ—ਪ੍ਰਭੂ ਨੇ । ਸਹਜ—ਆਤਮਕ ਅਡੋਲਤਾ । ਸੁਭਾਇ—ਪ੍ਰੇਮ ਨਾਲ । ਸਾਚਿ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ । ਪਤੀਨੇ—ਪਤੀਜੇ, ਮਸਤ ਹੋ ਗਏ ।੨।

ਅਰਥ:- ਹੇ ਸੰਤ ਜਨੋ! (ਵੇਖੋ) ਆਪਣੇ ਗੁਰੂ ਦੀ ਉੱਚੀ ਆਤਮਕ ਅਵਸਥਾ । (ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ, ਉਹ) ਮਨ-ਮੰਗੀਆਂ ਮੁਰਾਦਾਂ ਪ੍ਰਾਪਤ ਕਰ ਲੈਂਦਾ ਹੈ । ਗੁਰੂ ਦੀ ਇਹ ਉਦਾਰਤਾ ਦਿਨੋ ਦਿਨ ਵਧਦੀ ਚਲੀ ਜਾਂਦੀ ਹੈ ।ਰਹਾਉ।

ਹੇ ਸੰਤ ਜਨੋ! ਜਿਸ ਮਨੁੱਖ ਨੇ ਆਪਣੇ ਗੁਰੂ ਨੂੰ (ਆਪਣੇ) ਹਿਰਦੇ ਵਿਚ ਵਸਾ ਲਿਆ, ਉਸ ਨੇ ਸਾਰੇ (ਆਤਮਕ) ਖ਼ਜ਼ਾਨੇ ਸਾਰੇ ਆਨੰਦ ਪ੍ਰਾਪਤ ਕਰ ਲਏ । ਗੁਰੂ ਨੇ ਉਸ ਮਨੁੱਖ ਨੂੰ ਅਗਾਂਹ ਆਉਣ ਵਾਲੇ ਜੀਵਨ-ਰਾਹ ਵਿਚ ਸੁੱਖ ਬਖ਼ਸ਼ ਦਿੱਤਾ, ਬੀਤੇ ਸਮੇ ਵਿਚ ਭੀ ਗੁਰੂ ਨੇ ਉਸ ਨੂੰ ਸੁਖ ਆਨੰਦ ਬਖ਼ਸ਼ਿਆ ।੧।

ਹੇ ਸੰਤ ਜਨੋ! (ਜੇਹੜੇ ਭੀ ਜੀਵ ਗੁਰੂ ਦੀ ਸ਼ਰਨ ਪੈਂਦੇ ਹਨ ਉਹ) ਸਾਰੇ ਹੀ ਜੀਵ ਦਇਆ-ਭਰਪੂਰ (ਹਿਰਦੇ ਵਾਲੇ) ਹੋ ਜਾਂਦੇ ਹਨ, ਪ੍ਰਭੂ ਉਹਨਾਂ ਨੂੰ ਆਪਣੇ ਬਣਾ ਲੈਂਦਾ ਹੈ । ਹੇ ਨਾਨਕ! (ਅੰਦਰ ਪੈਦਾ ਹੋ ਚੁਕੀ) ਆਤਮਕ ਅਡੋਲਤਾ ਤੇ ਪ੍ਰੀਤਿ ਦੇ ਕਾਰਨ ਉਹਨਾਂ ਨੂੰ ਸ੍ਰਿਸ਼ਟੀ ਦਾ ਪਾਲਕ-ਪ੍ਰਭੂ ਮਿਲ ਪੈਂਦਾ ਹੈ, ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਮਗਨ ਰਹਿੰਦੇ ਹਨ ।੨।੩।੬੭।

ਸੋਰਠਿ ਮਹਲਾ ੫ ॥ ਗੁਰ ਕਾ ਸਬਦੁ ਰਖਵਾਰੇ ॥ ਚਉਕੀ ਚਉਗਿਰਦ ਹਮਾਰੇ ॥ ਰਾਮ ਨਾਮਿ ਮਨੁ ਲਾਗਾ ॥ ਜਮੁ ਲਜਾਇ ਕਰਿ ਭਾਗਾ ॥੧॥ ਪ੍ਰਭ ਜੀ ਤੂ ਮੇਰੋ ਸੁਖਦਾਤਾ ॥ ਬੰਧਨ ਕਾਟਿ ਕਰੇ ਮਨੁ ਨਿਰਮਲੁ ਪੂਰਨ ਪੁਰਖੁ ਬਿਧਾਤਾ ॥ ਰਹਾਉ ॥ ਨਾਨਕ ਪ੍ਰਭੁ ਅਬਿਨਾਸੀ ॥ ਤਾ ਕੀ ਸੇਵ ਨ ਬਿਰਥੀ ਜਾਸੀ ॥ ਅਨਦ ਕਰਹਿ ਤੇਰੇ ਦਾਸਾ ॥ ਜਪਿ ਪੂਰਨ ਹੋਈ ਆਸਾ ॥੨॥੪॥੬੮॥ {ਪੰਨਾ 626}

ਪਦਅਰਥ:- ਰਖਵਾਰੇ—ਰਾਖਾ । ਚਉਕੀ—ਪਹਿਰਾ । ਚਉਗਿਰਦ—ਚੌਹੀਂ ਪਾਸੀਂ, ਚੁਫੇਰੇ । ਨਾਮਿ—ਨਾਮ ਵਿਚ । ਲਜਾਇ ਕਰਿ—ਸ਼ਰਮਿੰਦਾ ਹੋ ਕੇ ।੧।

ਪ੍ਰਭ—ਹੇ ਪ੍ਰਭੂ! ਬੰਧਨ—(ਮਾਇਆ ਦੇ ਮੋਹ ਆਦਿਕ ਦੇ) ਜ਼ੰਜੀਰ । ਕਾਟਿ—ਕੱਟ ਕੇ । ਨਿਰਮਲੁ—ਪਵਿਤ੍ਰ । ਪੁਰਖੁ—ਸਰਬ-ਵਿਆਪਕ । ਬਿਧਾਤਾ—ਸਿਰਜਣਹਾਰ ਪ੍ਰਭੂ ।ਰਹਾਉ।

ਤਾ ਕੀ—ਉਸ (ਪ੍ਰਭੂ) ਦੀ । ਸੇਵ—ਸੇਵਾ-ਭਗਤੀ । ਬਿਰਥੀ—ਵਿਅਰਥ, ਖ਼ਾਲੀ । ਜਾਸੀ—ਜਾਏਗੀ । ਕਰਹਿ—ਕਰਦੇ ਹਨ । ਜਪਿ—ਜਪ ਕੇ । ਆਸਾ—ਮਨੋ-ਕਾਮਨਾ ।੨।

ਅਰਥ:- ਹੇ ਪ੍ਰਭੂ ਜੀ! ਮੇਰੇ ਵਾਸਤੇ ਤਾਂ ਤੂੰ ਹੀ ਸੁਖਾਂ ਦਾ ਦਾਤਾ ਹੈਂ । (ਹੇ ਭਾਈ! ਜੇਹੜਾ ਮਨੁੱਖ ਪ੍ਰਭੂ ਦੇ ਨਾਮ ਵਿਚ ਮਨ ਜੋੜਦਾ ਹੈ) ਸਰਬ-ਵਿਆਪਕ ਸਿਰਜਣਹਾਰ ਪ੍ਰਭੂ (ਉਸ ਦੇ ਮਾਇਆ ਦੇ ਮੋਹ ਆਦਿਕ ਦੇ ਸਾਰੇ) ਬੰਧਨ ਕੱਟ ਕੇ ਉਸ ਦੇ ਮਨ ਨੂੰ ਪਵਿਤ੍ਰ ਕਰ ਦੇਂਦਾ ਹੈ ।ਰਹਾਉ।

(ਹੇ ਭਾਈ! ਵਿਕਾਰਾਂ ਦੇ ਟਾਕਰੇ ਤੇ) ਗੁਰੂ ਦਾ ਸ਼ਬਦ ਹੀ ਅਸਾਂ ਜੀਵਾਂ ਦਾ ਰਾਖਾ ਹੈ, ਸ਼ਬਦ ਹੀ (ਸਾਨੂੰ ਵਿਕਾਰਾਂ ਤੋਂ ਬਚਾਣ ਲਈ) ਸਾਡੇ ਚੁਫੇਰੇ ਪਹਿਰਾ ਹੈ । (ਗੁਰ-ਸ਼ਬਦ ਦੀ ਬਰਕਤਿ ਨਾਲ ਜਿਸ ਮਨੁੱਖ ਦਾ) ਮਨ ਪਰਮਾਤਮਾ ਦੇ ਨਾਮ ਵਿਚ ਜੁੜਦਾ ਹੈ, ਉਸ ਪਾਸੋਂ (ਵਿਕਾਰ ਤਾਂ ਕਿਤੇ ਰਹੇ) ਜਮ (ਭੀ) ਸ਼ਰਮਿੰਦਾ ਹੋ ਕੇ ਭੱਜ ਜਾਂਦਾ ਹੈ ।੧।

ਹੇ ਨਾਨਕ! (ਆਖ—) ਅਬਿਨਾਸ਼ੀ ਪ੍ਰਭੂ (ਐਸਾ ਉਦਾਰ-ਚਿੱਤ ਹੈ ਕਿ) ਉਸ ਦੀ ਕੀਤੀ ਹੋਈ ਸੇਵਾ-ਭਗਤੀ ਖ਼ਾਲੀ ਨਹੀਂ ਜਾਂਦੀ । ਹੇ ਪ੍ਰਭੂ! ਤੇਰੇ ਸੇਵਕ (ਸਦਾ) ਆਤਮਕ ਆਨੰਦ ਮਾਣਦੇ ਹਨ, ਤੇਰਾ ਨਾਮ ਜਪ ਕੇ ਉਹਨਾਂ ਦੀ ਹਰੇਕ ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ ।੨।੪।੬੮।

ਸੋਰਠਿ ਮਹਲਾ ੫ ॥ ਗੁਰ ਅਪੁਨੇ ਬਲਿਹਾਰੀ ॥ ਜਿਨਿ ਪੂਰਨ ਪੈਜ ਸਵਾਰੀ ॥ ਮਨ ਚਿੰਦਿਆ ਫਲੁ ਪਾਇਆ ॥ ਪ੍ਰਭੁ ਅਪੁਨਾ ਸਦਾ ਧਿਆਇਆ ॥੧॥ ਸੰਤਹੁ ਤਿਸੁ ਬਿਨੁ ਅਵਰੁ ਨ ਕੋਈ ॥ ਕਰਣ ਕਾਰਣ ਪ੍ਰਭੁ ਸੋਈ ॥ ਰਹਾਉ ॥ ਪ੍ਰਭਿ ਅਪਨੈ ਵਰ ਦੀਨੇ ॥ ਸਗਲ ਜੀਅ ਵਸਿ ਕੀਨੇ ॥ ਜਨ ਨਾਨਕ ਨਾਮੁ ਧਿਆਇਆ ॥ ਤਾ ਸਗਲੇ ਦੂਖ ਮਿਟਾਇਆ ॥੨॥੫॥੬੯॥ {ਪੰਨਾ 626}

ਪਦਅਰਥ:- ਗੁਰ ਬਲਿਹਾਰੀ—ਗੁਰੂ ਤੋਂ ਸਦਕੇ । ਜਿਨਿ—ਜਿਸ (ਗੁਰੂ) ਨੇ । ਪੂਰਨ—ਪੂਰੀ ਤਰ੍ਹਾਂ । ਪੈਜ—ਲਾਜ, ਇੱਜ਼ਤ । ਚਿੰਦਿਆ—ਚਿਤਵਿਆ ।੧।

ਤਿਸੁ ਬਿਨੁ—ਉਸ ਪਰਮਾਤਮਾ ਤੋਂ ਬਿਨਾ । ਕਰਣ—ਜਗਤ । ਕਾਰਣ—ਮੂਲ । ਸੋਈ—ਉਹੀ ।ਰਹਾਉ।

ਪ੍ਰਭਿ—ਪ੍ਰਭੂ ਨੇ । ਵਰ—ਬਖ਼ਸ਼ਸ਼ਾਂ । ਜੀਅ—{ਲਫ਼ਜ਼ 'ਜੀਵ' ਤੋਂ ਬਹੁ-ਵਚਨ} । ਵਸਿ—ਆਪਣੇ ਵੱਸ ।੨।

ਅਰਥ:- ਹੇ ਸੰਤ ਜਨੋ! ਉਸ ਪਰਮਾਤਮਾ ਤੋਂ ਬਿਨਾ (ਜੀਵਾਂ ਦਾ) ਕੋਈ ਹੋਰ (ਰਾਖਾ) ਨਹੀਂ । ਉਹੀ ਪਰਮਾਤਮਾ ਜਗਤ ਦਾ ਮੂਲ ਹੈ ।ਰਹਾਉ।

ਹੇ ਸੰਤ ਜਨੋ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ, ਜਿਸ ਨੇ (ਪ੍ਰਭੂ ਦੇ ਨਾਮ ਦੀ ਦਾਤਿ ਦੇ ਕੇ) ਪੂਰੀ ਤਰ੍ਹਾਂ (ਮੇਰੀ) ਇੱਜ਼ਤ ਰੱਖ ਲਈ ਹੈ । ਹੇ ਭਾਈ! ਜੇਹੜਾ ਭੀ ਮਨੁੱਖ ਸਦਾ ਆਪਣੇ ਪ੍ਰਭੂ ਦਾ ਧਿਆਨ ਧਰਦਾ ਹੈ ਉਹ ਮਨ-ਮੰਗੀਆਂ ਮੁਰਾਦਾਂ ਪ੍ਰਾਪਤ ਕਰ ਲੈਂਦਾ ਹੈ ।੧।

ਹੇ ਸੰਤ ਜਨੋ! ਪਿਆਰੇ ਪ੍ਰਭੂ ਨੇ (ਜੀਵਾਂ ਨੂੰ) ਸਭ ਬਖ਼ਸ਼ਸ਼ਾਂ ਕੀਤੀਆਂ ਹੋਈਆਂ ਹਨ, ਸਾਰੇ ਜੀਵਾਂ ਨੂੰ ਉਸ ਨੇ ਆਪਣੇ ਵੱਸ ਵਿਚ ਕਰ ਰੱਖਿਆ ਹੋਇਆ ਹੈ । ਹੇ ਦਾਸ ਨਾਨਕ! (ਆਖ—ਜਦੋਂ ਭੀ ਕਿਸੇ ਨੇ) ਪਰਮਾਤਮਾ ਦਾ ਨਾਮ ਸਿਮਰਿਆ, ਤਦੋਂ ਉਸ ਨੇ ਆਪਣੇ ਸਾਰੇ ਦੁੱਖ ਦੂਰ ਕਰ ਲਏ ।੨।੫।੬੯।

ਸੋਰਠਿ ਮਹਲਾ ੫ ॥ ਤਾਪੁ ਗਵਾਇਆ ਗੁਰਿ ਪੂਰੇ ॥ ਵਾਜੇ ਅਨਹਦ ਤੂਰੇ ॥ ਸਰਬ ਕਲਿਆਣ ਪ੍ਰਭਿ ਕੀਨੇ ॥ ਕਰਿ ਕਿਰਪਾ ਆਪਿ ਦੀਨੇ ॥੧॥ ਬੇਦਨ ਸਤਿਗੁਰਿ ਆਪਿ ਗਵਾਈ ॥ ਸਿਖ ਸੰਤ ਸਭਿ ਸਰਸੇ ਹੋਏ ਹਰਿ ਹਰਿ ਨਾਮੁ ਧਿਆਈ ॥ ਰਹਾਉ ॥ ਜੋ ਮੰਗਹਿ ਸੋ ਲੇਵਹਿ ॥ ਪ੍ਰਭ ਅਪਣਿਆ ਸੰਤਾ ਦੇਵਹਿ ॥ ਹਰਿ ਗੋਵਿਦੁ ਪ੍ਰਭਿ ਰਾਖਿਆ ॥ ਜਨ ਨਾਨਕ ਸਾਚੁ ਸੁਭਾਖਿਆ ॥੨॥੬॥੭੦॥ {ਪੰਨਾ 626}

ਪਦਅਰਥ:- ਗੁਰਿ—ਗੁਰੂ ਨੇ । ਤਾਪੁ—ਦੁੱਖ-ਕਲੇਸ਼ । ਵਾਜੇ—ਵੱਜ ਪਏ । ਅਨਹਦ—ਇਕ-ਰਸ, ਬਿਨਾ ਵਜਾਏ । ਤੂਰੇ—ਵਾਜੇ । ਕਲਿਆਣ—ਸੁਖ । ਪ੍ਰਭਿ—ਪ੍ਰਭੂ ਨੇ । ਕਰਿ—ਕਰ ਕੇ ।੧।

ਬੇਦਨ—ਪੀੜ । ਸਤਿਗੁਰਿ—ਸਤਿਗੁਰੂ ਨੇ । ਸਭਿ—ਸਾਰੇ । ਸਰਸੇ—ਸ-ਰਸ, ਰਸ ਸਹਿਤ, ਆਨੰਦ-ਭਰਪੂਰ । ਧਿਆਈ—ਧਿਆਇ, ਸਿਮਰ ਕੇ ।ਰਹਾਉ।

ਮੰਗਹਿ—ਮੰਗਦੇ ਹਨ । ਲੇਵਹਿ—ਹਾਸਲ ਕਰਦੇ ਹਨ । ਪ੍ਰਭ—ਹੇ ਪ੍ਰਭੂ! ਦੇਵਹਿ—ਤੂੰ ਦੇਂਦਾ ਹੈਂ । ਪ੍ਰਭਿ—ਪ੍ਰਭੂ

ਨੇ । ਸੁਭਾਖਿਆ—ਉਚਾਰਿਆ ਹੈ ।

ਅਰਥ:- ਹੇ ਭਾਈ! ਸਾਰੇ ਸਿੱਖ ਸੰਤ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਨੰਦ-ਭਰਪੂਰ ਹੋਏ ਰਹਿੰਦੇ ਹਨ । (ਜਿਸ ਨੇ ਭੀ ਪਰਮਾਤਮਾ ਦਾ ਨਾਮ ਸਿਮਰਿਆ) ਗੁਰੂ ਨੇ ਆਪ (ਉਸ ਦੀ ਹਰੇਕ) ਪੀੜਾ ਦੂਰ ਕਰ ਦਿੱਤੀ ।ਰਹਾਉ।

ਪੂਰੇ ਗੁਰੂ ਨੇ (ਹਰਿ-ਨਾਮ ਦੀ ਦਵਾਈ ਦੇ ਕੇ ਜਿਸ ਮਨੁੱਖ ਦੇ ਅੰਦਰੋਂ) ਤਾਪ ਦੂਰ ਕਰ ਦਿੱਤਾ, (ਉਸ ਦੇ ਅੰਦਰ ਆਤਮਕ ਆਨੰਦ ਦੇ, ਮਾਨੋ) ਇਕ-ਰਸ ਵਾਜੇ ਵੱਜਣ ਲੱਗ ਪਏ । ਪ੍ਰਭੂ ਨੇ ਕਿਰਪਾ ਕਰ ਕੇ ਆਪ ਹੀ ਉਹ ਸਾਰੇ ਸੁਖ ਆਨੰਦ ਬਖ਼ਸ਼ ਦਿੱਤੇ ।੧।

ਹੇ ਪ੍ਰਭੂ! (ਤੇਰੇ ਦਰ ਤੋਂ ਤੇਰੇ ਸੰਤ ਜਨ) ਜੋ ਕੁਝ ਮੰਗਦੇ ਹਨ, ਉਹ ਹਾਸਲ ਕਰ ਲੈਂਦੇ ਹਨ । ਤੂੰ ਆਪਣੇ ਸੰਤਾਂ ਨੂੰ (ਆਪ ਸਭ ਕੁਝ) ਦੇਂਦਾ ਹੈਂ । (ਹੇ ਭਾਈ! ਬਾਲਕ) ਹਰਿ ਗੋਬਿੰਦ ਨੂੰ (ਭੀ) ਪ੍ਰਭੂ ਨੇ (ਆਪ) ਬਚਾਇਆ ਹੈ (ਕਿਸੇ ਦੇਵੀ ਆਦਿਕ ਨੇ ਨਹੀਂ) ਹੇ ਦਾਸ ਨਾਨਕ! (ਆਖ—) ਮੈਂ ਤਾਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਹੀ ਉਚਾਰਦਾ ਹਾਂ ।੨।੬।੭੦।

ਸੋਰਠਿ ਮਹਲਾ ੫ ॥ ਸੋਈ ਕਰਾਇ ਜੋ ਤੁਧੁ ਭਾਵੈ ॥ ਮੋਹਿ ਸਿਆਣਪ ਕਛੂ ਨ ਆਵੈ ॥ ਹਮ ਬਾਰਿਕ ਤਉ ਸਰਣਾਈ ॥ ਪ੍ਰਭਿ ਆਪੇ ਪੈਜ ਰਖਾਈ ॥੧॥ ਮੇਰਾ ਮਾਤ ਪਿਤਾ ਹਰਿ ਰਾਇਆ ॥ ਕਰਿ ਕਿਰਪਾ ਪ੍ਰਤਿਪਾਲਣ ਲਾਗਾ ਕਰਂੀ ਤੇਰਾ ਕਰਾਇਆ ॥ ਰਹਾਉ ॥ ਜੀਅ ਜੰਤ ਤੇਰੇ ਧਾਰੇ ॥ ਪ੍ਰਭ ਡੋਰੀ ਹਾਥਿ ਤੁਮਾਰੇ ॥ ਜਿ ਕਰਾਵੈ ਸੋ ਕਰਣਾ ॥ ਨਾਨਕ ਦਾਸ ਤੇਰੀ ਸਰਣਾ ॥੨॥੭॥੭੧॥ {ਪੰਨਾ 626}

ਪਦਅਰਥ:- ਸੋਈ—ਉਹੀ ਕੰਮ । ਕਰਾਇ—ਤੂੰ ਕਰਾਈਂ । ਭਾਵੈ—ਚੰਗਾ ਲੱਗਦਾ ਹੈ । ਮੋਹਿ—ਮੈਨੂੰ । ਤਉ—ਤੇਰੀ । ਪ੍ਰਭਿ—ਪ੍ਰਭੂ ਨੇ । ਆਪੇ—ਆਪ ਹੀ । ਪੈਜ—ਇੱਜ਼ਤ ।

ਹਰਿ ਰਾਇਆ—ਹੇ ਪ੍ਰਭੂ ਪਾਤਿਸ਼ਾਹ! ਕਰੀ—ਮੈਂ ਕਰਦਾ ਹਾਂ ।ਰਹਾਉ।

ਧਾਰੇ—ਸਹਾਰੇ ਹੋਏ । ਹਾਥਿ—ਹੱਥ ਵਿਚ । ਕਰਾਵੈ—ਕਰਾਂਦਾ ਹੈ ।੨।

ਅਰਥ:- ਹੇ ਪ੍ਰਭੂ ਪਾਤਿਸ਼ਾਹ! ਤੂੰ ਹੀ ਮੇਰੀ ਮਾਂ ਹੈਂ, ਤੂੰ ਹੀ ਮੇਰਾ ਪਿਉ ਹੈਂ । ਮੇਹਰ ਕਰ ਕੇ ਤੂੰ ਆਪ ਹੀ ਮੇਰੀ ਪਾਲਣਾ ਕਰ ਰਿਹਾ ਹੈਂ । ਹੇ ਪ੍ਰਭੂ! ਮੈਂ ਉਹੀ ਕੁਝ ਕਰਦਾ ਹਾਂ, ਜੋ ਤੂੰ ਮੈਥੋਂ ਕਰਾਂਦਾ ਹੈਂ ।ਰਹਾਉ।

ਹੇ ਪ੍ਰਭੂ ਪਾਤਿਸ਼ਾਹ! ਤੂੰ ਮੈਥੋਂ ਉਹੀ ਕੰਮ ਕਰਾਇਆ ਕਰ ਜੋ ਤੈਨੂੰ ਚੰਗਾ ਲੱਗਦਾ ਹੈ, ਮੈਨੂੰ ਕੋਈ ਅਕਲ ਦੀ ਗੱਲ ਕਰਨੀ ਨਹੀਂ ਆਉਂਦੀ । ਹੇ ਪ੍ਰਭੂ! ਅਸੀ (ਤੇਰੇ) ਬੱਚੇ ਤੇਰੀ ਸ਼ਰਨ ਆਏ ਹਾਂ ।

ਹੇ ਭਾਈ! (ਸ਼ਰਨ ਪਏ ਜੀਵ ਦੀ) ਪ੍ਰਭੂ ਨੇ ਆਪ ਹੀ ਇੱਜ਼ਤ (ਸਦਾ) ਰਖਾਈ ਹੈ ।੧।

ਹੇ ਪ੍ਰਭੂ! (ਅਸਾਂ ਜੀਵਾਂ ਦੀ ਜ਼ਿੰਦਗੀ ਦੀ) ਡੋਰ ਤੇਰੇ ਹੱਥ ਵਿਚ ਹੈ, ਸਾਰੇ ਜੀਵ ਤੇਰੇ ਹੀ ਆਸਰੇ ਹਨ । ਹੇ ਨਾਨਕ! (ਆਖ—ਹੇ ਪ੍ਰਭੂ!) ਤੇਰੇ ਦਾਸ ਤੇਰੀ ਹੀ ਸ਼ਰਨ ਪਏ ਰਹਿੰਦੇ ਹਨ ।

ਹੇ ਭਾਈ! ਅਸੀ ਜੀਵ ਉਹੀ ਕੁਝ ਕਰ ਸਕਦੇ ਹਾਂ ਜੋ ਕੁਝ ਪਰਮਾਤਮਾ ਸਾਥੋਂ ਕਰਾਂਦਾ ਹੈ ।੨।੭।੭੧।

ਸੋਰਠਿ ਮਹਲਾ ੫ ॥ ਹਰਿ ਨਾਮੁ ਰਿਦੈ ਪਰੋਇਆ ॥ ਸਭੁ ਕਾਜੁ ਹਮਾਰਾ ਹੋਇਆ ॥ ਪ੍ਰਭ ਚਰਣੀ ਮਨੁ ਲਾਗਾ ॥ ਪੂਰਨ ਜਾ ਕੇ ਭਾਗਾ ॥੧॥ ਮਿਲਿ ਸਾਧਸੰਗਿ ਹਰਿ ਧਿਆਇਆ ॥ ਆਠ ਪਹਰ ਅਰਾਧਿਓ ਹਰਿ ਹਰਿ ਮਨ ਚਿੰਦਿਆ ਫਲੁ ਪਾਇਆ ॥ ਰਹਾਉ ॥ ਪਰਾ ਪੂਰਬਲਾ ਅੰਕੁਰੁ ਜਾਗਿਆ ॥ ਰਾਮ ਨਾਮਿ ਮਨੁ ਲਾਗਿਆ ॥ ਮਨਿ ਤਨਿ ਹਰਿ ਦਰਸਿ ਸਮਾਵੈ ॥ ਨਾਨਕ ਦਾਸ ਸਚੇ ਗੁਣ ਗਾਵੈ ॥੨॥੮॥੭੨॥ {ਪੰਨਾ 627}

ਪਦਅਰਥ:- ਰਿਦੈ—ਹਿਰਦੇ ਵਿਚ । ਪਰੋਇਆ—ਚੰਗੀ ਤਰ੍ਹਾਂ ਵਸਾ ਲਿਆ । ਸਭੁ—ਸਾਰਾ । ਕਾਜੁ—ਜੀਵਨ-ਮਨੋਰਥ । ਜਾ ਕੇ—ਜਿਸ ਮਨੁੱਖ ਦੇ ।੧।

ਮਿਲਿ—ਮਿਲ ਕੇ । ਸਾਧ ਸੰਗਿ—ਸਾਧ ਸੰਗਤਿ ਵਿਚ । ਅਰਾਧਿਓ—ਸਿਮਰਿਆ । ਮਨ ਚਿੰਦਿਆ—ਮਨ-ਇੱਛਤ ।ਰਹਾਉ।

ਪਰਾ ਪੂਰਬਲਾ—ਅਨੇਕਾਂ ਪਹਿਲੇ ਜਨਮਾਂ ਦਾ । ਅੰਕੁਰੁ—ਅੰਗੂਰ । ਜਾਗਿਆ—ਫੁੱਟ ਪਿਆ । ਨਾਮਿ—ਨਾਮ ਵਿਚ । ਮਨਿ ਤਨਿ—ਮਨ ਦੀ ਰਾਹੀਂ ਤਨ ਦੀ ਰਾਹੀਂ, ਪੂਰਨ ਤੌਰ ਤੇ । ਦਰਸਿ—ਦਰਸਨ ਵਿਚ । ਸਚੇ—ਸਦਾ-ਥਿਰ ਹਰੀ ਦੇ ।੨।

ਅਰਥ:- (ਹੇ ਭਾਈ! ਜਿਸ ਭੀ ਮਨੁੱਖ ਨੇ) ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਿਆ, ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦਾ ਨਾਮ ਯਾਦ ਕੀਤਾ, ਉਸ ਨੇ ਹਰੇਕ ਮਨ-ਮੰਗੀ ਮੁਰਾਦ ਪਾ ਲਈ ।ਰਹਾਉ।

ਹੇ ਭਾਈ! ਜਿਸ ਮਨੁੱਖ ਦੇ ਭਾਗ ਚੰਗੀ ਤਰ੍ਹਾਂ ਜਾਗ ਪੈਂਦੇ ਹਨ, ਉਸ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਲੀਨ ਰਹਿੰਦਾ ਹੈ । ਹੇ ਭਾਈ! ਜਦੋਂ ਪਰਮਾਤਮਾ ਦਾ ਨਾਮ ਹਿਰਦੇ ਵਿਚ ਚੰਗੀ ਤਰ੍ਹਾਂ ਵਸਾ ਲਿਆ ਜਾਂਦਾ ਹੈ, ਤਦੋਂ ਅਸਾਂ ਜੀਵਾਂ ਦਾ ਸਾਰਾ ਜੀਵਨ-ਮਨੋਰਥ ਸਫਲ ਹੋ ਜਾਂਦਾ ਹੈ ।੧।

ਹੇ ਦਾਸ ਨਾਨਕ! (ਆਖ—ਸਾਧ ਸੰਗਤਿ ਵਿਚ ਮਿਲ ਕੇ ਜਦੋਂ ਕਿਸੇ ਮਨੁੱਖ ਦੇ) ਅਨੇਕਾਂ ਪੂਰਬਲੇ ਜਨਮਾਂ ਦੇ ਸੰਸਕਾਰਾਂ ਦਾ ਬੀਜ ਉੱਗ ਪੈਂਦਾ ਹੈ (ਪੂਰਬਲੇ ਸੰਸਕਾਰ ਜਾਗ ਪੈਂਦੇ ਹਨ, ਤਦੋਂ ਉਸ ਦਾ) ਮਨ ਪਰਮਾਤਮਾ ਦੇ ਨਾਮ ਵਿਚ ਲੱਗਣ ਲੱਗ ਪੈਂਦਾ ਹੈ, ਉਹ ਮਨੁੱਖ ਮਨੋਂ ਤਨੋਂ ਪਰਮਾਤਮਾ ਦੇ ਦੀਦਾਰ ਵਿਚ ਮਸਤ ਰਹਿੰਦਾ ਹੈ, ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ।੨।੮।੭੨।

ਸੋਰਠਿ ਮਹਲਾ ੫ ॥ ਗੁਰ ਮਿਲਿ ਪ੍ਰਭੂ ਚਿਤਾਰਿਆ ॥ ਕਾਰਜ ਸਭਿ ਸਵਾਰਿਆ ॥ ਮੰਦਾ ਕੋ ਨ ਅਲਾਏ ॥ ਸਭ ਜੈ ਜੈ ਕਾਰੁ ਸੁਣਾਏ ॥੧॥ ਸੰਤਹੁ ਸਾਚੀ ਸਰਣਿ ਸੁਆਮੀ ॥ ਜੀਅ ਜੰਤ ਸਭਿ ਹਾਥਿ ਤਿਸੈ ਕੈ ਸੋ ਪ੍ਰਭੁ ਅੰਤਰਜਾਮੀ ॥ ਰਹਾਉ ॥ ਕਰਤਬ ਸਭਿ ਸਵਾਰੇ ॥ ਪ੍ਰਭਿ ਅਪੁਨਾ ਬਿਰਦੁ ਸਮਾਰੇ ॥ ਪਤਿਤ ਪਾਵਨ ਪ੍ਰਭ ਨਾਮਾ ॥ ਜਨ ਨਾਨਕ ਸਦ ਕੁਰਬਾਨਾ ॥੨॥੯॥੭੩॥ {ਪੰਨਾ 627}

ਪਦਅਰਥ:- ਗੁਰ ਮਿਲਿ—ਗੁਰੂ ਨੂੰ ਮਿਲ ਕੇ । ਸਭਿ—ਸਾਰੇ । ਮੰਦਾ ਕੋ—ਕੋਈ ਭੈੜਾ ਬੋਲ । ਅਲਾਏ—ਬੋਲਦਾ । ਸਭ—ਸਾਰੀ (ਲੁਕਾਈ) ਨੂੰ । ਜੈ ਜੈ ਕਾਰੁ—ਪਰਮਾਤਮਾ ਦੀ ਸਿਫ਼ਤਿ-ਸਾਲਾਹ । ਸੁਣਾਏ—ਸੁਣਾਂਦਾ ਹੈ ।੧।

ਸਾਚੀ—ਸਦਾ ਕਾਇਮ ਰਹਿਣ ਵਾਲੀ । ਸਭਿ—ਸਾਰੇ । ਹਾਥਿ—ਹੱਥ ਵਿਚ । ਤਿਸੈ ਕੈ ਹਾਥਿ—ਉਸੇ ਦੇ ਹੱਥ ਵਿਚ । ਅੰਤਰਜਾਮੀ—ਦਿਲ ਦੀ ਜਾਣਨ ਵਾਲਾ ।ਰਹਾਉ।

ਪ੍ਰਭਿ—ਪ੍ਰਭੂ ਨੇ । ਬਿਰਦੁ—ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ । ਸਮਾਰੇ—ਚੇਤੇ ਰੱਖਿਆ ਹੋਇਆ ਹੈ । ਪਤਿਤ ਪਾਵਨ—ਵਿਕਾਰਾਂ ਵਿਚ ਡਿੱਗੇ ਮਨੁੱਖਾਂ ਨੂੰ ਪਵਿਤ੍ਰ ਕਰਨ ਵਾਲਾ ।੨।

ਅਰਥ:- ਹੇ ਸੰਤ ਜਨੋ! ਮਾਲਕ-ਪ੍ਰਭੂ ਦਾ ਆਸਰਾ ਪੱਕਾ ਆਸਰਾ ਹੈ (ਕਿਉਂਕਿ) ਸਾਰੇ ਜੀਵ ਉਸ ਪ੍ਰਭੂ ਦੇ ਹੱਥ ਵਿਚ ਹਨ, ਅਤੇ, ਉਹ ਪ੍ਰਭੂ ਹਰੇਕ ਜੀਵ ਦੇ ਦਿਲ ਦੀ ਜਾਣਨ ਵਾਲਾ ਹੈ ।ਰਹਾਉ।

ਹੇ ਸੰਤ ਜਨੋ! (ਜਿਸ ਮਨੁੱਖ ਨੇ) ਗੁਰੂ ਨੂੰ ਮਿਲ ਕੇ ਪਰਮਾਤਮਾ ਨੂੰ ਯਾਦ ਕਰਨਾ ਸ਼ੁਰੂ ਕਰ ਦਿੱਤਾ, ਉਸ ਨੇ ਆਪਣੇ ਸਾਰੇ ਕੰਮ ਸਵਾਰ ਲਏ । ਉਹ ਮਨੁੱਖ (ਕਿਸੇ ਨੂੰ) ਕੋਈ ਭੈੜੇ ਬੋਲ ਨਹੀਂ ਬੋਲਦਾ, ਉਹ ਸਾਰੀ ਲੁਕਾਈ ਨੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਹੀ ਸੁਣਾਂਦਾ ਰਹਿੰਦਾ ਹੈ ।੧।

ਹੇ ਸੰਤ ਜਨੋ! (ਜਿਸ ਮਨੁੱਖ ਨੇ ਪ੍ਰਭੂ ਦਾ ਪੱਕਾ ਆਸਰਾ ਲਿਆ, ਪ੍ਰਭੂ ਨੇ ਉਸ ਦੇ) ਸਾਰੇ ਕੰਮ ਸਵਾਰ ਦਿੱਤੇ । ਪ੍ਰਭੂ ਨੇ ਆਪਣਾ ਇਹ ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ਸਦਾ ਹੀ ਚੇਤੇ ਰੱਖਿਆ ਹੋਇਆ ਹੈ । (ਹੇ ਸੰਤ ਜਨੋ!) ਪਰਮਾਤਮਾ ਦਾ ਨਾਮ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲਾ ਹੈ । ਹੇ ਦਾਸ ਨਾਨਕ! (ਆਖ—ਮੈਂ ਉਸ ਤੋਂ) ਸਦਾ ਸਦਕੇ ਜਾਂਦਾ ਹਾਂ ।੨।੯।੭੩।

ਸੋਰਠਿ ਮਹਲਾ ੫ ॥ ਪਾਰਬ੍ਰਹਮਿ ਸਾਜਿ ਸਵਾਰਿਆ ॥ ਇਹੁ ਲਹੁੜਾ ਗੁਰੂ ਉਬਾਰਿਆ ॥ ਅਨਦ ਕਰਹੁ ਪਿਤ ਮਾਤਾ ॥ ਪਰਮੇਸਰੁ ਜੀਅ ਕਾ ਦਾਤਾ ॥੧॥ ਸੁਭ ਚਿਤਵਨਿ ਦਾਸ ਤੁਮਾਰੇ ॥ ਰਾਖਹਿ ਪੈਜ ਦਾਸ ਅਪੁਨੇ ਕੀ ਕਾਰਜ ਆਪਿ ਸਵਾਰੇ ॥ ਰਹਾਉ ॥ ਮੇਰਾ ਪ੍ਰਭੁ ਪਰਉਪਕਾਰੀ ॥ ਪੂਰਨ ਕਲ ਜਿਨਿ ਧਾਰੀ ॥ ਨਾਨਕ ਸਰਣੀ ਆਇਆ ॥ ਮਨ ਚਿੰਦਿਆ ਫਲੁ ਪਾਇਆ ॥੨॥੧੦॥੭੪॥ {ਪੰਨਾ 627}

ਪਦਅਰਥ:- ਪਾਰਬ੍ਰਹਮਿ—ਪਰਮਾਤਮਾ ਨੇ । ਸਾਜਿ—ਸਾਜ ਕੇ, ਪੈਦਾ ਕਰ ਕੇ । ਸਵਾਰਿਆ—ਸੋਹਣਾ ਬਣਾ ਦਿੱਤਾ । ਲਹੁੜਾ—ਛੋਟਾ ਬੱਚਾ । ਉਬਾਰਿਆ—ਬਚਾ ਲਿਆ ਹੈ । ਕਰਹੁ—ਕਰਨ੍ਹ, ਬੇਸ਼ਕ ਕਰਨ {ਹੁਕਮੀ ਭਵਿਖਤ, ਅੱਨ ਪੁਰਖ, ਬਹੁ-ਵਚਨ} । ਪਿਤ ਮਾਤਾ—ਮਾਪੇ । ਜੀਅ ਕਾ ਦਾਤਾ—ਜਿੰਦ ਦਾ ਦੇਣ ਵਾਲਾ ।੧।

ਸੁਭ—ਭਲਾਈ, ਸਭ ਦੀ ਭਲਾਈ । ਚਿਤਵਨਿ—ਚਿਤਵਦੇ ਹਨ । ਰਾਖਹਿ—ਤੂੰ ਰੱਖਦਾ ਹੈਂ । ਪੈਜ—ਲਾਜ । ਸਵਾਰੇ—ਸਵਾਰ ਕੇ, ਸਿਰੇ ਚਾੜ੍ਹ ਕੇ ।ਰਹਾਉ।

ਪਰਉਪਕਾਰੀ—ਦੂਜਿਆਂ ਦੀ ਭਲਾਈ ਕਰਨ ਵਾਲਾ । ਕਲ—ਸੱਤਿਆ, ਸ਼ਕਤੀ । ਜਿਨਿ—ਜਿਸ (ਪ੍ਰਭੂ) ਨੇ । ਮਨ ਚਿੰਦਿਆ—ਮਨ-ਇੱਛਤ । ਚਿੰਦਿਆ—ਚਿਤਵਿਆ ।੨।

ਅਰਥ:- ਹੇ ਪ੍ਰਭੂ! ਤੇਰੇ ਸੇਵਕ ਸਭ ਦਾ ਭਲਾ ਮੰਗਦੇ ਹਨ । (ਆਪਣੇ ਸੇਵਕਾਂ ਦੀ ਮੰਗ ਅਨੁਸਾਰ) ਤੂੰ ਕੰਮ ਸਵਾਰ ਕੇ ਆਪਣੇ ਸੇਵਕਾਂ ਦੀ ਇੱਜ਼ਤ ਰੱਖ ਲੈਂਦਾ ਹੈਂ ।ਰਹਾਉ।

ਹੇ ਭਾਈ! ਪਰਮਾਤਮਾ ਨੇ ਇਸ ਛੋਟੇ ਬੱਚੇ (ਹਰਗੋਬਿੰਦ) ਨੂੰ ਸਾਜਿਆ ਤੇ ਸਵਾਰਿਆ । ਪਰਮਾਤਮਾ ਹੀ ਜਿੰਦ ਦਾ ਦਾਤਾ ਹੈ (ਰਾਖਾ ਹੈ)। (ਸਾਧ ਸੰਗਤਿ ਦੀ ਅਰਦਾਸ ਸੁਣ ਕੇ) ਗੁਰੂ ਨੇ ਇਸ ਨੂੰ ਬਚਾ ਲਿਆ ਹੈ । (ਗੁਰੂ ਪਰਮਾਤਮਾ ਦੀ ਮੇਹਰ ਦਾ ਸਦਕਾ ਇਸ ਦੇ) ਮਾਪੇ ਬੇਸ਼ਕ ਖ਼ੁਸ਼ੀ ਮਨਾਣ ।੧।

ਹੇ ਭਾਈ! ਜਿਸ ਮੇਰੇ ਪ੍ਰਭੂ ਨੇ ਸਾਰੇ ਜਗਤ ਵਿਚ ਆਪਣੀ ਸ਼ਕਤੀ ਟਿਕਾਈ ਹੋਈ ਹੈ, ਉਹੀ ਸਭ ਦੀ ਭਲਾਈ ਕਰਨ ਵਾਲਾ ਹੈ । ਹੇ ਨਾਨਕ! (ਆਖ—ਹੇ ਭਾਈ!) ਜੇਹੜਾ ਭੀ ਮਨੁੱਖ (ਉਸ ਪ੍ਰਭੂ ਦੀ) ਸਰਨ ਆ ਪੈਂਦਾ ਹੈ, ਉਹ ਮਨ-ਮੰਗੀ ਮੁਰਾਦ ਪਾ ਲੈਂਦਾ ਹੈ ।੨।੧੦।੭੪।

ਸੋਰਠਿ ਮਹਲਾ ੫ ॥ ਸਦਾ ਸਦਾ ਹਰਿ ਜਾਪੇ ॥ ਪ੍ਰਭ ਬਾਲਕ ਰਾਖੇ ਆਪੇ ॥ ਸੀਤਲਾ ਠਾਕਿ ਰਹਾਈ ॥ ਬਿਘਨ ਗਏ ਹਰਿ ਨਾਈ ॥੧॥ ਮੇਰਾ ਪ੍ਰਭੁ ਹੋਆ ਸਦਾ ਦਇਆਲਾ ॥ ਅਰਦਾਸਿ ਸੁਣੀ ਭਗਤ ਅਪੁਨੇ ਕੀ ਸਭ ਜੀਅ ਭਇਆ ਕਿਰਪਾਲਾ ॥ ਰਹਾਉ ॥ ਪ੍ਰਭ ਕਰਣ ਕਾਰਣ ਸਮਰਾਥਾ ॥ ਹਰਿ ਸਿਮਰਤ ਸਭੁ ਦੁਖੁ ਲਾਥਾ ॥ ਅਪਣੇ ਦਾਸ ਕੀ ਸੁਣੀ ਬੇਨੰਤੀ ॥ ਸਭ ਨਾਨਕ ਸੁਖਿ ਸਵੰਤੀ ॥੨॥੧੧॥੭੫॥ {ਪੰਨਾ 627}

ਪਦਅਰਥ:- ਜਾਪੇ—ਜਾਪਿ, ਜਪਿਆ ਕਰ । ਆਪੇ—ਆਪ ਹੀ । ਠਾਕਿ—ਰੋਕ ਕੇ । ਨਾਈ—ਸਿਫ਼ਤਿ-ਸਾਲਾਹ {Ônw—ਨਾਈ, ਸਿਫ਼ਤਿ ਸਾਲਾਹ} ।੧।

ਸਭ ਜੀਅ—ਸਾਰੇ ਜੀਵਾਂ ਉੱਤੇ ।ਰਹਾਉ।

ਕਰਣ ਕਾਰਣ—ਜਗਤ ਦਾ ਮੂਲ । ਕਰਣ—ਜਗਤ । ਸਮਰਾਥਾ—ਸਭ ਤਾਕਤਾਂ ਦਾ ਮਾਲਕ । ਸੁਖਿ—ਸੁਖ ਵਿਚ, ਸੁਖ ਨਾਲ ।੨।

ਅਰਥ:- ਹੇ ਭਾਈ! ਮੇਰਾ ਪ੍ਰਭੂ ਸਦਾ ਹੀ ਦਇਆਵਾਨ ਰਹਿੰਦਾ ਹੈ । ਸਾਰੇ ਹੀ ਜੀਵਾਂ ਉੱਤੇ ਦਇਆਵਾਨ ਰਹਿੰਦਾ ਹੈ । ਉਹ ਆਪਣੇ ਭਗਤ ਦੀ ਅਰਜ਼ੋਈ (ਸਦਾ) ਸੁਣਦਾ ਹੈ ।ਰਹਾਉ।

ਹੇ ਭਾਈ! ਸਦਾ ਹੀ (ਸਿਰਫ਼) ਪਰਮਾਤਮਾ ਦਾ ਨਾਮ ਜਪਿਆ ਕਰੋ । ਪ੍ਰਭੂ ਜੀ ਆਪ ਹੀ ਬਾਲਕਾਂ ਦੇ ਰਾਖੇ ਹਨ । (ਬਾਲਕ ਹਰਗੋਬਿੰਦ ਤੋਂ ਪ੍ਰਭੂ ਨੇ ਆਪ ਹੀ) ਸੀਤਲਾ (ਚੇਚਕ) ਰੋਕ ਲਈ ਹੈ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਖ਼ਤਰੇ ਦੂਰ ਹੋ ਗਏ ਹਨ ।੧।

ਹੇ ਭਾਈ! ਪ੍ਰਭੂ ਜਗਤ ਦਾ ਮੂਲ ਹੈ, ਤੇ, ਸਭ ਤਾਕਤਾਂ ਦਾ ਮਾਲਕ ਹੈ । ਪ੍ਰਭੂ ਦਾ ਨਾਮ ਸਿਮਰਿਆਂ ਹਰੇਕ ਦੁੱਖ ਦੂਰ ਹੋ ਜਾਂਦਾ ਹੈ । ਹੇ ਨਾਨਕ! ਪ੍ਰਭੂ ਨੇ (ਸਦਾ ਹੀ) ਆਪਣੇ ਸੇਵਕ ਦੀ ਬੇਨਤੀ ਸੁਣ ਲਈ ਹੈ (ਪ੍ਰਭੂ ਦੀ ਮੇਹਰ ਨਾਲ ਹੀ) ਸਾਰੀ ਲੁਕਾਈ ਸੁਖੀ ਵੱਸਦੀ ਹੈ ।੨।੧੧।੭੫।

ਸੋਰਠਿ ਮਹਲਾ ੫ ॥ ਅਪਨਾ ਗੁਰੂ ਧਿਆਏ ॥ ਮਿਲਿ ਕੁਸਲ ਸੇਤੀ ਘਰਿ ਆਏ ॥ ਨਾਮੈ ਕੀ ਵਡਿਆਈ ॥ ਤਿਸੁ ਕੀਮਤਿ ਕਹਣੁ ਨ ਜਾਈ ॥੧॥ ਸੰਤਹੁ ਹਰਿ ਹਰਿ ਹਰਿ ਆਰਾਧਹੁ ॥ ਹਰਿ ਆਰਾਧਿ ਸਭੋ ਕਿਛੁ ਪਾਈਐ ਕਾਰਜ ਸਗਲੇ ਸਾਧਹੁ ॥ ਰਹਾਉ ॥ ਪ੍ਰੇਮ ਭਗਤਿ ਪ੍ਰਭ ਲਾਗੀ ॥ ਸੋ ਪਾਏ ਜਿਸੁ ਵਡਭਾਗੀ ॥ ਜਨ ਨਾਨਕ ਨਾਮੁ ਧਿਆਇਆ ॥ ਤਿਨਿ ਸਰਬ ਸੁਖਾ ਫਲ ਪਾਇਆ ॥੨॥੧੨॥੭੬॥ {ਪੰਨਾ 627}

ਪਦਅਰਥ:- ਧਿਆਏ—ਧਿਆਨ ਧਰਦਾ ਹੈ । ਮਿਲਿ—(ਗੁਰੂ-ਚਰਨਾਂ ਵਿਚ) ਜੁੜ ਕੇ । ਕੁਸਲ ਸੇਤੀ—ਆਤਮਕ ਆਨੰਦ ਨਾਲ । ਘਰਿ—ਘਰ ਵਿਚ, ਹਿਰਦੇ-ਘਰ ਵਿਚ, ਅੰਤਰ-ਆਤਮੇ । ਵਡਿਆਈ—ਬਰਕਤਿ ।੧।

ਸੰਤਹੁ—ਹੇ ਸੰਤ ਜਨੋ! ਆਰਾਧਿ—ਆਰਾਧ ਕੇ, ਸਿਮਰ ਕੇ । ਸਭੋ ਕਿਛੁ—ਹਰੇਕ ਚੀਜ਼ । ਸਾਧਹੁ—ਸਫਲ ਕਰੋ ।ਰਹਾਉ।

ਪ੍ਰੇਮ ਭਗਤਿ—ਪਿਆਰ-ਭਰੀ ਭਗਤੀ । ਤਿਨਿ—ਉਸ (ਮਨੁੱਖ) ਨੇ । ਸਰਬ ਸੁਖਾ—ਸਾਰੇ ਸੁਖ ਦੇਣ ਵਾਲੇ ।੨।

ਅਰਥ:- ਹੇ ਸੰਤ ਜਨੋ! ਸਦਾ ਹੀ ਪਰਮਾਤਮਾ ਦਾ ਨਾਮ ਹੀ ਸਿਮਰਿਆ ਕਰੋ । ਪਰਮਾਤਮਾ ਦਾ ਨਾਮ ਸਿਮਰ ਕੇ ਹਰੇਕ ਚੀਜ਼ ਪ੍ਰਾਪਤ ਕਰ ਲਈਦੀ ਹੈ । (ਤੁਸੀ ਭੀ ਪਰਮਾਤਮਾ ਦਾ ਨਾਮ ਸਿਮਰ ਕੇ ਆਪਣੇ) ਸਾਰੇ ਕੰਮ ਸਵਾਰੋ ।ਰਹਾਉ।

ਹੇ ਸੰਤ ਜਨੋ! ਜੇਹੜਾ ਮਨੁੱਖ ਆਪਣੇ ਗੁਰੂ ਦਾ ਧਿਆਨ ਧਰਦਾ ਹੈ, ਉਹ (ਗੁਰੂ-ਚਰਨਾਂ ਵਿਚ) ਜੁੜ ਕੇ ਆਤਮਕ ਆਨੰਦ ਨਾਲ ਹਿਰਦੇ-ਘਰ ਵਿਚ ਟਿਕ ਜਾਂਦਾ ਹੈ (ਬਾਹਰ ਭਟਕਣੋਂ ਬਚ ਜਾਂਦਾ ਹੈ) । ਇਹ ਨਾਮ ਦੀ ਹੀ ਬਰਕਤਿ ਹੈ (ਕਿ ਮਨੁੱਖ ਹੋਰ ਹੋਰ ਆਸਰਿਆਂ ਦੀ ਭਾਲ ਛੱਡ ਦੇਂਦਾ ਹੈ) । (ਪਰ) ਇਸ (ਹਰਿ-ਨਾਮ) ਦਾ ਮੁੱਲ ਨਹੀਂ ਦੱਸਿਆ ਜਾ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਨਹੀਂ ਮਿਲਦਾ) ।੧।

(ਹੇ ਸੰਤ ਜਨੋ! ਜੇਹੜਾ ਮਨੁੱਖ ਗੁਰੂ ਦਾ ਧਿਆਨ ਧਰਦਾ ਹੈ) ਪ੍ਰਭੂ ਦੀ ਪਿਆਰ-ਭਰੀ ਭਗਤੀ ਵਿਚ ਉਸ ਦਾ ਮਨ ਲੱਗ ਜਾਂਦਾ ਹੈ । ਪਰ ਇਹ ਦਾਤਿ ਉਹੀ ਮਨੁੱਖ ਹਾਸਲ ਕਰਦਾ ਹੈ ਜਿਸ ਦੇ ਵੱਡੇ ਭਾਗ ਹੋਣ । ਹੇ ਦਾਸ ਨਾਨਕ! (ਆਖ—) ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਸ ਨੇ ਸਾਰੇ ਸੁਖ ਦੇਣ ਵਾਲੇ (ਫਲ ਪ੍ਰਾਪਤ ਕਰ ਲਏ ਹਨ ।੨।੧੨।੭੬।

ਸੋਰਠਿ ਮਹਲਾ ੫ ॥ ਪਰਮੇਸਰਿ ਦਿਤਾ ਬੰਨਾ ॥ ਦੁਖ ਰੋਗ ਕਾ ਡੇਰਾ ਭੰਨਾ ॥ ਅਨਦ ਕਰਹਿ ਨਰ ਨਾਰੀ ॥ ਹਰਿ ਹਰਿ ਪ੍ਰਭਿ ਕਿਰਪਾ ਧਾਰੀ ॥੧॥ ਸੰਤਹੁ ਸੁਖੁ ਹੋਆ ਸਭ ਥਾਈ ॥ ਪਾਰਬ੍ਰਹਮੁ ਪੂਰਨ ਪਰਮੇਸਰੁ ਰਵਿ ਰਹਿਆ ਸਭਨੀ ਜਾਈ ॥ ਰਹਾਉ ॥ ਧੁਰ ਕੀ ਬਾਣੀ ਆਈ ॥ ਤਿਨਿ ਸਗਲੀ ਚਿੰਤ ਮਿਟਾਈ ॥ ਦਇਆਲ ਪੁਰਖ ਮਿਹਰਵਾਨਾ ॥ ਹਰਿ ਨਾਨਕ ਸਾਚੁ ਵਖਾਨਾ ॥੨॥੧੩॥੭੭॥ {ਪੰਨਾ 628}

ਪਦਅਰਥ:- ਪਰਮੇਸਰਿ—ਪਰਮੇਸਰ ਨੇ । ਬੰਨਾ—ਡੱਕਾ, ਰੁਕਾਵਟ, ਬੰਨ੍ਹ । ਭੰਨਾ—ਭੰਨ ਦਿੱਤਾ, ਤੋੜ ਦਿੱਤਾ । ਕਰਹਿ—ਕਰਦੇ ਹਨ । ਨਰ ਨਾਰੀ—(ਉਹ ਸਾਰੇ) ਨਰ ਨਾਰ, ਉਹ ਸਾਰੇ ਜੀਵ । ਪ੍ਰਭਿ—ਪ੍ਰਭੂ ਨੇ ।੧।

ਰਵਿ ਰਹਿਆ—ਮੌਜੂਦ ਹੈ । ਸਭਨੀ ਜਾਈ—ਸਭ ਥਾਵਾਂ ਵਿਚ ।ਰਹਾਉ।

ਧੁਰ ਕੀ ਬਾਣੀ—ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਆਈ—ਆ ਵੱਸੀ । ਤਿਨਿ—ਉਸ (ਮਨੁੱਖ) ਨੇ । ਸਾਚੁ—ਸਦਾ-ਥਿਰ ਪ੍ਰਭੂ ਦਾ ਨਾਮ । ਵਖਾਨਾ—ਉਚਾਰਿਆ ।੨।

ਅਰਥ:- ਹੇ ਸੰਤ ਜਨੋ! (ਜਿਸ ਮਨੁੱਖ ਨੂੰ ਇਹ ਯਕੀਨ ਹੋ ਜਾਂਦਾ ਹੈ ਕਿ) ਪਾਰਬ੍ਰਹਮ ਪੂਰਨ ਪਰਮੇਸਰ ਸਭ ਥਾਵਾਂ ਵਿਚ ਮੌਜੂਦ ਹੈ (ਉਸ ਮਨੁੱਖ ਨੂੰ) ਸਭ ਥਾਵਾਂ ਵਿਚ ਸੁਖ ਹੀ ਪ੍ਰਤੀਤ ਹੁੰਦਾ ਹੈ ।ਰਹਾਉ।

ਹੇ ਸੰਤ ਜਨੋ! (ਜਿਸ ਮਨੁੱਖ ਦੇ ਆਤਮਕ ਜੀਵਨ ਵਾਸਤੇ) ਪਰਮੇਸਰ ਨੇ (ਵਿਕਾਰਾਂ ਦੇ ਰਾਹ ਵਿਚ) ਡੱਕਾ ਮਾਰ ਦਿੱਤਾ, (ਉਸ ਮਨੁੱਖ ਦੇ ਅੰਦਰੋਂ) ਪਰਮੇਸਰ ਨੇ ਦੁੱਖਾਂ ਤੇ ਰੋਗਾਂ ਦਾ ਡੇਰਾ ਹੀ ਮੁਕਾ ਦਿੱਤਾ । ਜਿਨ੍ਹਾਂ ਜੀਵਾਂ ਉਤੇ ਪ੍ਰਭੂ ਨੇ (ਇਹ) ਕਿਰਪਾ ਕਰ ਦਿੱਤੀ ਉਹ ਸਾਰੇ ਜੀਵ ਆਤਮਕ ਆਨੰਦ ਮਾਣਦੇ ਹਨ ।੧।

ਹੇ ਸੰਤ ਜਨੋ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਜਿਸ ਮਨੁੱਖ ਦੇ ਅੰਦਰ ਆ ਵੱਸੀ, ਉਸ ਨੇ ਆਪਣੀ ਸਾਰੀ ਚਿੰਤਾ ਦੂਰ ਕਰ ਲਈ । ਹੇ ਨਾਨਕ! ਦਇਆ ਦਾ ਸੋਮਾ ਪ੍ਰਭੂ ਉਸ ਮਨੁੱਖ ਉੱਤੇ ਮੇਹਰਵਾਨ ਹੋਇਆ ਰਹਿੰਦਾ ਹੈ, ਉਹ ਮਨੁੱਖ ਉਸ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦਾ ਨਾਮ (ਸਦਾ) ਉਚਾਰਦਾ ਹੈ ।੨।੧੩।੭੭।

ਸੋਰਠਿ ਮਹਲਾ ੫ ॥ ਐਥੈ ਓਥੈ ਰਖਵਾਲਾ ॥ ਪ੍ਰਭ ਸਤਿਗੁਰ ਦੀਨ ਦਇਆਲਾ ॥ ਦਾਸ ਅਪਨੇ ਆਪਿ ਰਾਖੇ ॥ ਘਟਿ ਘਟਿ ਸਬਦੁ ਸੁਭਾਖੇ ॥੧॥ ਗੁਰ ਕੇ ਚਰਣ ਊਪਰਿ ਬਲਿ ਜਾਈ ॥ ਦਿਨਸੁ ਰੈਨਿ ਸਾਸਿ ਸਾਸਿ ਸਮਾਲੀ ਪੂਰਨੁ ਸਭਨੀ ਥਾਈ ॥ ਰਹਾਉ ॥ ਆਪਿ ਸਹਾਈ ਹੋਆ ॥ ਸਚੇ ਦਾ ਸਚਾ ਢੋਆ ॥ ਤੇਰੀ ਭਗਤਿ ਵਡਿਆਈ ॥ ਪਾਈ ਨਾਨਕ ਪ੍ਰਭ ਸਰਣਾਈ ॥੨॥੧੪॥੭੮॥ {ਪੰਨਾ 628}

ਪਦਅਰਥ:- ਐਥੈ—ਇਸ ਲੋਕ ਵਿਚ । ਓਥੈ—ਪਰਲੋਕ ਵਿਚ । ਦਇਆਲਾ—ਦਇਆ ਕਰਨ ਵਾਲਾ । ਘਟਿ ਘਟਿ—ਹਰੇਕ ਸਰੀਰ ਵਿਚ । ਸਬਦੁ—ਬਚਨ, ਬੋਲ । ਸੁਭਾਖੇ—ਚੰਗੀ ਤਰ੍ਹਾਂ ਬੋਲ ਰਿਹਾ ਹੈ ।੧।

ਬਲਿ ਜਾਈ—ਬਲਿ ਜਾਈਂ, ਮੈਂ ਸਦਕੇ ਜਾਂਦਾ ਹਾਂ । ਰੈਨਿ—ਰਾਤ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਸਮਾਲੀ—ਸਮਾਲੀਂ, ਮੈਂ ਯਾਦ ਕਰਦਾ ਹਾਂ । ਸਭਨੀ ਥਾਈ—ਸਭ ਥਾਵਾਂ ਵਿਚ । ਪੂਰਨ—ਵਿਆਪਕ ।ਰਹਾਉ।

ਸਹਾਈ—ਮਦਦਗਾਰ । ਸਚੇ ਦਾ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ । ਸਚਾ—ਸਦਾ ਕਾਇਮ ਰਹਿਣ ਵਾਲਾ । ਢੋਆ—ਤੋਹਫ਼ਾ, ਬਖ਼ਸ਼ਸ਼ । ਵਡਿਆਈ—ਸੋਭਾ, ਸਿਫ਼ਤਿ-ਸਾਲਾਹ । ਪ੍ਰਭ—ਹੇ ਪ੍ਰਭੂ! ।੨।

ਅਰਥ:- ਹੇ ਭਾਈ! ਮੈਂ (ਆਪਣੇ) ਗੁਰੂ ਦੇ ਚਰਨਾਂ ਤੋਂ ਸਦਕੇ ਜਾਂਦਾ ਹਾਂ, (ਗੁਰੂ ਦੀ ਕਿਰਪਾ ਨਾਲ ਹੀ) ਮੈਂ (ਆਪਣੇ) ਹਰੇਕ ਸਾਹ ਦੇ ਨਾਲ ਦਿਨ ਰਾਤ (ਉਸ ਪਰਮਾਤਮਾ ਨੂੰ) ਯਾਦ ਕਰਦਾ ਰਹਿੰਦਾ ਹਾਂ ਜੋ ਸਭਨਾਂ ਥਾਵਾਂ ਵਿਚ ਭਰਪੂਰ ਹੈ ।ਰਹਾਉ।

ਹੇ ਭਾਈ! ਗੁਰੂ ਪ੍ਰਭੂ ਗਰੀਬਾਂ ਉਤੇ ਦਇਆ ਕਰਨ ਵਾਲਾ ਹੈ, (ਸਰਨ ਪਿਆਂ ਦੀ) ਇਸ ਲੋਕ ਤੇ ਪਰਲੋਕ ਵਿਚ ਰਾਖੀ ਕਰਨ ਵਾਲਾ ਹੈ । (ਹੇ ਭਾਈ! ਪ੍ਰਭੂ) ਆਪਣੇ ਸੇਵਕਾਂ ਦੀ ਆਪ ਰਖਿਆ ਕਰਦਾ ਹੈ (ਸੇਵਕਾਂ ਨੂੰ ਇਹ ਨਿਸ਼ਚਾ ਰਹਿੰਦਾ ਹੈ ਕਿ) ਪ੍ਰਭੂ ਹਰੇਕ ਸਰੀਰ ਵਿਚ (ਆਪ ਹੀ) ਬਚਨ ਬੋਲ ਰਿਹਾ ਹੈ ।੧।

(ਹੇ ਭਾਈ! ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਆਪ ਮਦਦਗਾਰ ਬਣਦਾ ਹੈ (ਗੁਰੂ ਦੀ ਮੇਹਰ ਨਾਲ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਦਾ-ਥਿਰ ਰਹਿਣ ਵਾਲੀ ਸਿਫ਼ਤਿ ਸਾਲਾਹ ਦੀ ਦਾਤਿ ਮਿਲਦੀ ਹੈ ।

ਹੇ ਨਾਨਕ! (ਆਖ—) ਹੇ ਪ੍ਰਭੂ! (ਗੁਰੂ ਦੀ ਕਿਰਪਾ ਨਾਲ) ਤੇਰੀ ਸਰਨ ਪਿਆਂ ਤੇਰੀ ਭਗਤੀ ਤੇਰੀ ਸਿਫ਼ਤਿ-ਸਾਲਾਹ ਪ੍ਰਾਪਤ ਹੁੰਦੀ ਹੈ ।੨।੧੪।੭੮।

ਸੋਰਠਿ ਮਹਲਾ ੫ ॥ ਸਤਿਗੁਰ ਪੂਰੇ ਭਾਣਾ ॥ ਤਾ ਜਪਿਆ ਨਾਮੁ ਰਮਾਣਾ ॥ ਗੋਬਿੰਦ ਕਿਰਪਾ ਧਾਰੀ ॥ ਪ੍ਰਭਿ ਰਾਖੀ ਪੈਜ ਹਮਾਰੀ ॥੧॥ ਹਰਿ ਕੇ ਚਰਨ ਸਦਾ ਸੁਖਦਾਈ ॥ ਜੋ ਇਛਹਿ ਸੋਈ ਫਲੁ ਪਾਵਹਿ ਬਿਰਥੀ ਆਸ ਨ ਜਾਈ ॥੧॥ ਰਹਾਉ ॥ ਕ੍ਰਿਪਾ ਕਰੇ ਜਿਸੁ ਪ੍ਰਾਨਪਤਿ ਦਾਤਾ ਸੋਈ ਸੰਤੁ ਗੁਣ ਗਾਵੈ ॥ ਪ੍ਰੇਮ ਭਗਤਿ ਤਾ ਕਾ ਮਨੁ ਲੀਣਾ ਪਾਰਬ੍ਰਹਮ ਮਨਿ ਭਾਵੈ ॥੨॥ ਆਠ ਪਹਰ ਹਰਿ ਕਾ

ਜਸੁ ਰਵਣਾ ਬਿਖੈ ਠਗਉਰੀ ਲਾਥੀ ॥ ਸੰਗਿ ਮਿਲਾਇ ਲੀਆ ਮੇਰੈ ਕਰਤੈ ਸੰਤ ਸਾਧ ਭਏ ਸਾਥੀ ॥੩॥ ਕਰੁ ਗਹਿ ਲੀਨੇ ਸਰਬਸੁ ਦੀਨੇ ਆਪਹਿ ਆਪੁ ਮਿਲਾਇਆ ॥ ਕਹੁ ਨਾਨਕ ਸਰਬ ਥੋਕ ਪੂਰਨ ਪੂਰਾ ਸਤਿਗੁਰੁ ਪਾਇਆ ॥੪॥੧੫॥੭੯॥ {ਪੰਨਾ 628}

ਪਦਅਰਥ:- ਸਤਿਗੁਰ ਭਾਣਾ—ਗੁਰੂ ਨੂੰ ਚੰਗਾ ਲੱਗਾ । ਤਾ—ਤਦੋਂ । ਰਮਾਣਾ—ਰਾਮ ਦਾ । ਪ੍ਰਭਿ—ਪ੍ਰਭੂ ਨੇ । ਪੈਜ—ਲਾਜ ।੧।

ਸੁਖਦਾਈ—ਸੁਖ ਦੇਣ ਵਾਲੇ । ਇਛਹਿ—ਇੱਛਾ ਕਰਦੇ ਹਨ । ਬਿਰਥੀ—ਖ਼ਾਲੀ ।੧।ਰਹਾਉ।

ਪ੍ਰਾਨਪਤਿ—ਜਿੰਦ ਦਾ ਮਾਲਕ । ਤਾ ਕੀ—ਉਸ (ਮਨੁੱਖ) ਦਾ । ਲੀਣਾ—ਮਸਤ । ਪਾਰਬ੍ਰਹਮ ਮਨਿ—ਪਾਰਬ੍ਰਹਮ ਦੇ ਮਨ ਵਿਚ । ਭਾਵੈ—ਪਿਆਰਾ ਲੱਗਣ ਲੱਗ ਪੈਂਦਾ ਹੈ ।੨।

ਰਵਣਾ—ਸਿਮਰਨ ਕਰਨਾ । ਜਸੁ ਰਵਣਾ—ਸਿਫ਼ਤਿ-ਸਾਲਾਹ ਕਰਨੀ । ਬਿਖੈ ਠਗਉਰੀ—ਵਿਸ਼ਿਆਂ ਦੀ ਠਗਮੂਰੀ, ਵਿਸ਼ਿਆਂ ਦੀ ਠਗ-ਬੂਟੀ । ਸੰਗਿ—ਨਾਲ । ਕਰਤੈ—ਕਰਤਾਰ ਨੇ । ਸਾਥੀ—ਮਦਦਗਾਰ, ਸੰਗੀ ।੩।

ਕਰੁ—ਹੱਥ {ਇਕ-ਵਚਨ} । ਗਹਿ—ਫੜ ਕੇ । ਸਰਬਸੁ—{sv^v} ਸਭ ਕੁਝ । ਆਪਹਿ—ਆਪ ਹੀ । ਆਪੁ—ਆਪਣਾ-ਆਪ । ਥੋਕ—ਪਦਾਰਥ, ਕੰਮ ।੪।

ਅਰਥ:- ਹੇ ਭਾਈ! ਪਰਮਾਤਮਾ ਦੇ ਚਰਨ ਸਦਾ ਸੁਖ ਦੇਣ ਵਾਲੇ ਹਨ । (ਜੇਹੜੇ ਮਨੁੱਖ ਹਰਿ-ਚਰਨਾਂ ਦਾ ਆਸਰਾ ਲੈਂਦੇ ਹਨ, ਉਹ) ਜੋ ਕੁਝ (ਪਰਮਾਤਮਾ ਪਾਸੋਂ) ਮੰਗਦੇ ਹਨ ਉਹੀ ਫਲ ਪ੍ਰਾਪਤ ਕਰ ਲੈਂਦੇ ਹਨ । (ਪਰਮਾਤਮਾ ਦੀ ਸਹੈਤਾ ਉਤੇ ਰੱਖੀ ਹੋਈ ਕੋਈ ਭੀ) ਆਸ ਖ਼ਾਲੀ ਨਹੀਂ ਜਾਂਦੀ ।੧।ਰਹਾਉ।

(ਪਰ, ਹੇ ਭਾਈ!) ਜਦੋਂ ਗੁਰੂ ਨੂੰ ਚੰਗਾ ਲੱਗਦਾ ਹੈ ਜਦੋਂ ਗੁਰੂ ਤ੍ਰੁੱਠਦਾ ਹੈ) ਤਦੋਂ ਹੀ ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ । ਪਰਮਾਤਮਾ ਨੇ ਮੇਹਰ ਕੀਤੀ (ਗੁਰੂ ਮਿਲਾਇਆ! ਗੁਰੂ ਦੀ ਕਿਰਪਾ ਨਾਲ ਅਸਾਂ ਨਾਮ ਜਪਿਆ, ਤਾਂ) ਪਰਮਾਤਮਾ ਨੇ ਸਾਡੀ ਲਾਜ ਰੱਖ ਲਈ (ਬਿਖੈ ਠਗਉਰੀ ਤੋਂ ਬਚਾ ਲਿਆ) ।੧।

ਹੇ ਭਾਈ! ਜੀਵਨ ਦਾ ਮਾਲਕ ਦਾਤਾਰ ਪ੍ਰਭੂ ਜਿਸ ਮਨੁੱਖ ਉਤੇ ਮੇਹਰ ਕਰਦਾ ਹੈ ਉਹ ਸੰਤ (ਸੁਭਾਉ ਬਣ ਜਾਂਦਾ ਹੈ, ਤੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹੈ । ਉਸ ਮਨੁੱਖ ਦਾ ਮਨ ਪਰਮਾਤਮਾ ਦੀ ਪਿਆਰ-ਭਰੀ ਭਗਤੀ ਵਿਚ ਮਸਤ ਹੋ ਜਾਂਦਾ ਹੈ, ਉਹ ਮਨੁੱਖ ਪਰਮਾਤਮਾ ਦੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ ।੨।

ਹੇ ਭਾਈ! ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਨਾਲ ਵਿਕਾਰਾਂ ਦੀ ਠਗ-ਬੂਟੀ ਦਾ ਜ਼ੋਰ ਮੁੱਕ ਜਾਂਦਾ ਹੈ । (ਜਿਸ ਭੀ ਮਨੁੱਖ ਨੇ ਸਿਫ਼ਤਿ-ਸਾਲਾਹ ਵਿਚ ਮਨ ਜੋੜਿਆ) ਕਰਤਾਰ ਨੇ (ਉਸ ਨੂੰ) ਆਪਣੇ ਨਾਲ ਮਿਲਾ ਲਿਆ, ਸੰਤ ਜਨ ਉਸ ਦੇ ਸੰਗੀ-ਸਾਥੀ ਬਣ ਗਏ ।੩।

(ਹੇ ਭਾਈ! ਗੁਰੂ ਦੀ ਸ਼ਰਨ ਪੈ ਕੇ ਜਿਸ ਭੀ ਮਨੁੱਖ ਨੇ ਪ੍ਰਭੂ-ਚਰਨਾਂ ਦਾ ਆਰਾਧਨ ਕੀਤਾ) ਪ੍ਰਭੂ ਨੇ ਉਸ ਦਾ ਹੱਥ ਫੜ ਕੇ ਉਸ ਨੂੰ ਸਭ ਕੁਝ ਬਖ਼ਸ਼ ਦਿੱਤਾ, ਪ੍ਰਭੂ ਨੇ ਉਸ ਨੂੰ ਆਪਣਾ ਆਪ ਹੀ ਮਿਲਾ ਦਿੱਤਾ । ਹੇ ਨਾਨਕ! ਆਖ—ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਿਆ, ਉਸ ਦੇ ਸਾਰੇ ਕੰਮ ਸਫਲ ਹੋ ਗਏ ।੪।੧੫।੭੯।

ਸੋਰਠਿ ਮਹਲਾ ੫ ॥ ਗਰੀਬੀ ਗਦਾ ਹਮਾਰੀ ॥ ਖੰਨਾ ਸਗਲ ਰੇਨੁ ਛਾਰੀ ॥ ਇਸੁ ਆਗੈ ਕੋ ਨ ਟਿਕੈ ਵੇਕਾਰੀ ॥ ਗੁਰ ਪੂਰੇ ਏਹ ਗਲ ਸਾਰੀ ॥੧॥ ਹਰਿ ਹਰਿ ਨਾਮੁ ਸੰਤਨ ਕੀ ਓਟਾ ॥ ਜੋ ਸਿਮਰੈ ਤਿਸ ਕੀ ਗਤਿ ਹੋਵੈ ਉਧਰਹਿ ਸਗਲੇ ਕੋਟਾ ॥੧॥ ਰਹਾਉ ॥ ਸੰਤ ਸੰਗਿ ਜਸੁ ਗਾਇਆ ॥ ਇਹੁ ਪੂਰਨ ਹਰਿ ਧਨੁ ਪਾਇਆ ॥ ਕਹੁ ਨਾਨਕ ਆਪੁ ਮਿਟਾਇਆ ॥ ਸਭੁ ਪਾਰਬ੍ਰਹਮੁ ਨਦਰੀ ਆਇਆ ॥੨॥੧੬॥੮੦॥ {ਪੰਨਾ 628}

ਪਦਅਰਥ:- ਗਰੀਬੀ—ਨਿਮ੍ਰਤਾ-ਸੁਭਾਉ । ਗਦਾ—ਗੁਰਜ । ਖੰਨਾ—ਖੰਡਾ । ਰੇਨੁ—ਚਰਨ-ਧੂੜ । ਛਾਰੀ—ਛਾਰ, ਮਿੱਟੀ । ਨ ਟਿਕੈ—ਖਲੋ ਨਹੀਂ ਸਕਦਾ, ਠਹਿਰ ਨਹੀਂ ਸਕਦਾ । ਵੇਕਾਰੀ—ਕੁਕਰਮੀ । ਸਾਰੀ—ਸਮਝਾਈ ।੧।

ਓਟਾ—ਆਸਰਾ । ਤਿਸ ਕੀ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ} । ਗਤਿ—ਉੱਚੀ ਆਤਮਕ ਅਵਸਥਾ । ਉਧਰਹਿ—(ਵਿਕਾਰਾਂ ਤੋਂ) ਬਚ ਜਾਂਦੇ ਹਨ । ਕੋਟਾ—ਕ੍ਰੋੜਾਂ ਹੀ ।੧।ਰਹਾਉ।

ਸੰਗਿ—ਸੰਗਤਿ ਵਿਚ । ਜਸੁ—ਸਿਫ਼ਤਿ-ਸਾਲਾਹ ਦਾ ਗੀਤ । ਆਪੁ—ਆਪਾ-ਭਾਵ । ਸਭੁ—ਹਰ ਥਾਂ । ਨਦਰੀ ਆਇਆ—ਦਿੱਸਿਆ ।੨।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਸੰਤ ਜਨਾਂ ਦਾ ਆਸਰਾ ਹੈ । ਜੇਹੜਾ ਭੀ ਮਨੁੱਖ (ਪਰਮਾਤਮਾ ਦਾ ਨਾਮ) ਸਿਮਰਦਾ ਹੈ, ਉਸ ਦੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ । (ਨਾਮ ਦੀ ਬਰਕਤਿ ਨਾਲ) ਸਾਰੇ ਕ੍ਰੋੜਾਂ ਹੀ ਜੀਵ (ਵਿਕਾਰਾਂ ਤੋਂ) ਬਚ ਜਾਂਦੇ ਹਨ ।੧।ਰਹਾਉ।

ਹੇ ਭਾਈ! ਨਿਮ੍ਰਤਾ-ਸੁਭਾਉ ਸਾਡੇ ਪਾਸ ਗੁਰਜ ਹੈ, ਸਭ ਦੀ ਚਰਨ-ਧੂੜ ਬਣੇ ਰਹਿਣਾ ਸਾਡੇ ਪਾਸ ਖੰਡਾ ਹੈ । ਇਸ (ਗੁਰਜ) ਅੱਗੇ, ਇਸ (ਖੰਡੇ) ਅੱਗੇ ਕੋਈ ਭੀ ਕੁਕਰਮੀ ਟਿਕ ਨਹੀਂ ਸਕਦਾ । (ਸਾਨੂੰ) ਪੂਰੇ ਗੁਰੂ ਨੇ ਇਹ ਗੱਲ ਸਮਝਾ ਦਿੱਤੀ ਹੈ ।੧।

ਹੇ ਨਾਨਕ! ਆਖ—ਜਿਸ ਮਨੁੱਖ ਨੇ ਸੰਤ ਜਨਾਂ ਦੀ ਸੰਗਤਿ ਵਿਚ (ਬੈਠ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਹੈ, ਉਸ ਨੇ ਇਹ ਹਰਿ-ਨਾਮ ਧਨ ਪ੍ਰਾਪਤ ਕਰ ਲਿਆ ਹੈ ਜੋ ਕਦੇ ਭੀ ਨਹੀਂ ਮੁੱਕਦਾ । ਉਸ ਮਨੁੱਖ ਨੇ (ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲਿਆ ਹੈ ਉਸ ਨੂੰ ਹਰ ਥਾਂ ਪਰਮਾਤਮਾ ਹੀ (ਵੱਸਦਾ) ਦਿੱਸ ਪਿਆ ਹੈ ।੨।੧੬।੮੦।

ਸੋਰਠਿ ਮਹਲਾ ੫ ॥ ਗੁਰਿ ਪੂਰੈ ਪੂਰੀ ਕੀਨੀ ॥ ਬਖਸ ਅਪੁਨੀ ਕਰਿ ਦੀਨੀ ॥ ਨਿਤ ਅਨੰਦ ਸੁਖ ਪਾਇਆ ॥ ਥਾਵ ਸਗਲੇ ਸੁਖੀ ਵਸਾਇਆ ॥੧॥ ਹਰਿ ਕੀ ਭਗਤਿ ਫਲ ਦਾਤੀ ॥ ਗੁਰਿ ਪੂਰੈ ਕਿਰਪਾ ਕਰਿ ਦੀਨੀ ਵਿਰਲੈ ਕਿਨ ਹੀ ਜਾਤੀ ॥ ਰਹਾਉ ॥ ਗੁਰਬਾਣੀ ਗਾਵਹ ਭਾਈ ॥ ਓਹ ਸਫਲ ਸਦਾ ਸੁਖਦਾਈ ॥ ਨਾਨਕ ਨਾਮੁ ਧਿਆਇਆ ॥ ਪੂਰਬਿ ਲਿਖਿਆ ਪਾਇਆ ॥੨॥੧੭॥੮੧॥ {ਪੰਨਾ 628}

ਪਦਅਰਥ:- ਗੁਰਿ ਪੂਰੈ—ਪੂਰੇ ਗੁਰੂ ਨੇ । ਪੂਰੀ ਕੀਨੀ—ਪੂਰੀ ਕਿਰਪਾ ਕੀਤੀ । ਬਖਸ—ਬਖ਼ਸ਼ਸ਼, ਦਾਤਿ, ਭਗਤੀ ਦੀ ਦਾਤਿ । ਨਿਤ—ਸਦਾ । ਥਾਵ—{ਲਫ਼ਜ਼ 'ਥਾਉ' ਤੋਂ ਬਹੁ-ਵਚਨ} । ਸਗਲੇ—ਸਾਰੇ । ਥਾਵ

ਸਗਲੇ—ਸਾਰੇ ਥਾਂ, ਸਾਰੇ ਇੰਦ੍ਰੇ ।੧।

ਫਲ ਦਾਤੀ—ਫਲ ਦੇਣ ਵਾਲੀ । ਕਿਨ ਹੀ—ਕਿਨਿ ਹੀ, ਕਿਸੇ ਨੇ ਹੀ {ਲਫ਼ਜ਼ 'ਕਿਨਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} ।ਰਹਾਉ।

ਗਾਵਹ—ਆਓ ਅਸੀ ਗਾਵੀਏ । ਓਹ—ਉਹ ਗੁਰਬਾਣੀ । ਪੂਰਬਿ—ਪੂਰਬਲੇ ਜਨਮ ਵਿਚ ।੨।

ਅਰਥ:- ਹੇ ਭਾਈ! ਪਰਮਾਤਮਾ ਦੀ ਭਗਤੀ ਸਾਰੇ ਫਲ ਦੇਣ ਵਾਲੀ ਹੈ । ਪੂਰੇ ਗੁਰੂ ਨੇ (ਜਿਸ ਮਨੁੱਖ ਉੱਤੇ) ਮੇਹਰ ਕਰ ਦਿੱਤੀ (ਉਸ ਨੇ ਪ੍ਰਭੂ ਦੀ ਭਗਤੀ ਕਰਨੀ ਸ਼ੁਰੂ ਕਰ ਦਿੱਤੀ । ਪਰ, ਹੇ ਭਾਈ!) ਕਿਸੇ ਵਿਰਲੇ ਮਨੁੱਖ ਨੇ ਹੀ ਪਰਮਾਤਮਾ ਦੀ ਭਗਤੀ ਦੀ ਕਦਰ ਸਮਝੀ ਹੈ ।ਰਹਾਉ।

ਹੇ ਭਾਈ! ਜਿਸ ਮਨੁੱਖ ਉਤੇ ਪੂਰੇ ਗੁਰੂ ਨੇ ਪੂਰੀ ਕਿਰਪਾ ਕੀਤੀ, ਉਸ ਨੂੰ ਗੁਰੂ ਨੇ ਆਪਣੇ ਦਰ ਤੋਂ ਪ੍ਰਭੂ ਦੀ ਭਗਤੀ ਦੀ ਦਾਤਿ ਦੇ ਦਿੱਤੀ । ਉਹ ਮਨੁੱਖ ਸਦਾ ਆਤਮਕ ਸੁਖ ਆਤਮਕ ਆਨੰਦ ਮਾਣਨ ਲੱਗ ਪਿਆ । ਗੁਰੂ ਨੇ ਉਸ ਦੇ ਸਾਰੇ ਗਿਆਨ-ਇੰਦ੍ਰਿਆਂ ਨੂੰ (ਵਿਕਾਰਾਂ ਵਲੋਂ ਬਚਾ ਕੇ) ਸ਼ਾਂਤੀ ਵਿਚ ਟਿਕਾ ਦਿੱਤਾ ।੧।

ਹੇ ਭਾਈ! ਆਓ ਅਸੀ ਭੀ ਗੁਰੂ ਦੀ ਬਾਣੀ ਗਾਵਿਆ ਕਰੀਏ । ਗੁਰੂ ਦੀ ਬਾਣੀ ਸਦਾ ਹੀ ਸਾਰੇ ਫਲ ਦੇਣ ਵਾਲੀ ਸੁਖ ਦੇਣ ਵਾਲੀ ਹੈ । ਹੇ ਨਾਨਕ! (ਆਖ—) (ਉਸੇ ਮਨੁੱਖ ਨੇ ਗੁਰਬਾਣੀ ਦੀ ਰਾਹੀਂ ਪਰਮਾਤਮਾ ਦਾ) ਨਾਮ ਸਿਮਰਿਆ ਹੈ ਜਿਸ ਨੇ ਪੂਰਬਲੇ ਜਨਮ ਵਿਚ ਲਿਖਿਆ ਭਗਤੀ ਦਾ ਲੇਖ ਪ੍ਰਾਪਤ ਕੀਤਾ ਹੈ ।੨।੧੭।੮੧।

ਸੋਰਠਿ ਮਹਲਾ ੫ ॥ ਗੁਰੁ ਪੂਰਾ ਆਰਾਧੇ ॥ ਕਾਰਜ ਸਗਲੇ ਸਾਧੇ ॥ ਸਗਲ ਮਨੋਰਥ ਪੂਰੇ ॥ ਬਾਜੇ ਅਨਹਦ ਤੂਰੇ ॥੧॥ ਸੰਤਹੁ ਰਾਮੁ ਜਪਤ ਸੁਖੁ ਪਾਇਆ ॥ ਸੰਤ ਅਸਥਾਨਿ ਬਸੇ ਸੁਖ ਸਹਜੇ ਸਗਲੇ ਦੂਖ ਮਿਟਾਇਆ ॥੧॥ ਰਹਾਉ ॥ ਗੁਰ ਪੂਰੇ ਕੀ ਬਾਣੀ ॥ ਪਾਰਬ੍ਰਹਮ ਮਨਿ ਭਾਣੀ ॥ ਨਾਨਕ ਦਾਸਿ ਵਖਾਣੀ ॥ ਨਿਰਮਲ ਅਕਥ ਕਹਾਣੀ ॥੨॥੧੮॥੮੨॥ {ਪੰਨਾ 629}

ਪਦਅਰਥ:- ਸਾਧੇ—ਸਫਲ ਕਰ ਲੈਂਦਾ ਹੈ । ਮਨੋਰਥ—ਮਨੋ-ਕਾਮਨਾ । ਬਾਜੇ—ਵੱਜ ਪੈਂਦੇ ਹਨ । ਅਨਹਦ—ਇਕ-ਰਸ, ਬਿਨਾ ਵਜਾਇਆਂ । ਤੂਰੇ—ਵਾਜੇ ।੧।

ਸੰਤਹੁ—ਹੇ ਸੰਤ ਜਨੋ! ਸੰਤ ਅਸਥਾਨਿ—ਸੰਤਾਂ ਦੇ ਅਸਥਾਨ ਵਿਚ, ਸਾਧ ਸੰਗਤਿ ਵਿਚ । ਸਹਜੇ—ਆਤਮਕ ਅਡੋਲਤਾ ਵਿਚ ।੧।

ਪਾਰਬ੍ਰਹਮ ਮਨਿ—ਪਾਰਬ੍ਰਹਮ ਦੇ ਮਨ ਵਿਚ । ਭਾਣੀ—ਚੰਗੀ ਲੱਗਦੀ ਹੈ । ਦਾਸਿ—ਦਾਸ ਨੇ । ਨਿਰਮਲ—ਪਵਿਤ੍ਰ (ਕਰਨ ਵਾਲੀ) । ਅਕਥ ਕਹਾਣੀ—ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਜਿਸ ਦਾ ਸਰੂਪ ਬਿਆਨ ਤੋਂ ਪਰੇ ਹੈ ।੨।

ਅਰਥ:- ਹੇ ਸੰਤ ਜਨੋ! ਜੇਹੜੇ ਮਨੁੱਖ ਸਾਧ ਸੰਗਤਿ ਵਿਚ ਆ ਟਿਕਦੇ ਹਨ, ਉਹ ਆਤਮਕ ਅਡੋਲਤਾ ਵਿਚ ਲੀਨ ਰਹਿ ਕੇ ਆਤਮਕ ਆਨੰਦ ਹਾਸਲ ਕਰਦੇ ਹਨ । ਉਹ ਆਪਣੇ ਸਾਰੇ ਦੁੱਖ ਦੂਰ ਕਰ ਲੈਂਦੇ ਹਨ, ਪਰਮਾਤਮਾ ਦਾ ਨਾਮ ਜਪ ਕੇ ਉਹ ਆਤਮਕ ਸੁਖ ਮਾਣਦੇ ਹਨ ।੧।ਰਹਾਉ।

ਹੇ ਸੰਤ ਜਨੋ! ਜਿਨ੍ਹਾਂ ਮਨੁੱਖਾਂ ਨੇ ਪੂਰੇ ਗੁਰੂ ਦਾ ਧਿਆਨ ਧਰਿਆ, ਉਹਨਾਂ ਆਪਣੇ ਸਾਰੇ ਕੰਮ ਸਵਾਰ ਲਏ । ਉਹਨਾਂ ਦੀਆਂ ਸਾਰੀਆਂ ਮਨੋ-ਕਾਮਨਾ ਪੂਰੀਆਂ ਹੋ ਗਈਆਂ, ਉਹਨਾਂ ਦੇ ਅੰਦਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਵਾਜੇ ਇਕ-ਰਸ ਵੱਜਦੇ ਰਹਿੰਦੇ ਹਨ ।੧।

(ਪਰ) ਹੇ ਨਾਨਕ! ਪੂਰੇ ਗੁਰੂ ਦੀ ਬਾਣੀ (ਕਿਸੇ ਵਿਰਲੇ) ਦਾਸ ਨੇ ਹੀ (ਆਤਮਕ ਅਡੋਲਤਾ ਵਿਚ ਟਿਕ ਕੇ) ਉਚਾਰੀ ਹੈ । ਇਹ ਬਾਣੀ ਪਰਮਾਤਮਾ ਦੇ ਮਨ ਵਿਚ (ਭੀ) ਪਿਆਰੀ ਲੱਗਦੀ ਹੈ (ਕਿਉਂਕਿ) ਇਹ (ਪੜ੍ਹਨ ਵਾਲੇ ਦਾ ਜੀਵਨ) ਪਵਿਤ੍ਰ ਕਰਨ ਵਾਲੀ ਹੈ, ਇਹ ਬਾਣੀ ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਹੈ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ ।੨।੧੮।੮੨।

ਸੋਰਠਿ ਮਹਲਾ ੫ ॥ ਭੂਖੇ ਖਾਵਤ ਲਾਜ ਨ ਆਵੈ ॥ ਤਿਉ ਹਰਿ ਜਨੁ ਹਰਿ ਗੁਣ ਗਾਵੈ ॥੧॥ ਅਪਨੇ ਕਾਜ ਕਉ ਕਿਉ ਅਲਕਾਈਐ ॥ ਜਿਤੁ ਸਿਮਰਨਿ ਦਰਗਹ ਮੁਖੁ ਊਜਲ ਸਦਾ ਸਦਾ ਸੁਖੁ ਪਾਈਐ ॥੧॥ ਰਹਾਉ ॥ ਜਿਉ ਕਾਮੀ ਕਾਮਿ ਲੁਭਾਵੈ ॥ ਤਿਉ ਹਰਿ ਦਾਸ ਹਰਿ ਜਸੁ ਭਾਵੈ ॥੨॥ ਜਿਉ ਮਾਤਾ ਬਾਲਿ ਲਪਟਾਵੈ ॥ ਤਿਉ ਗਿਆਨੀ ਨਾਮੁ ਕਮਾਵੈ ॥੩॥ ਗੁਰ ਪੂਰੇ ਤੇ ਪਾਵੈ ॥ ਜਨ ਨਾਨਕ ਨਾਮੁ ਧਿਆਵੈ ॥੪॥੧੯॥੮੩॥ {ਪੰਨਾ 629}

ਪਦਅਰਥ:- ਲਾਜ—ਸ਼ਰਮ । ਗਾਵੈ—ਗਾਂਦਾ ਹੈ ।੧।

ਕਉ—ਵਾਸਤੇ । ਅਲਕਾਈਐ—ਆਲਸ ਕੀਤਾ ਜਾਏ । ਜਿਤੁ—ਜਿਸ ਦੀ ਰਾਹੀਂ । ਸਿਮਰਨਿ—ਸਿਮਰਨ ਦੀ ਰਾਹੀਂ । ਜਿਤੁ ਸਿਮਰਨਿ—ਜਿਸ ਸਿਮਰਨ ਦੀ ਰਾਹੀਂ ।੧।ਰਹਾਉ।

ਕਾਮੀ—ਵਿਸ਼ਈ ਮਨੁੱਖ । ਕਾਮਿ—ਕਾਮ-ਵਾਸ਼ਨਾ ਵਿਚ । ਲੁਭਾਵੈ—ਮਗਨ ਰਹਿੰਦਾ ਹੈ । ਭਾਵੈ—ਪਸੰਦ ਆਉਂਦਾ ਹੈ ।੨।

ਬਾਲਿ—ਬਾਲ (ਦੇ ਮੋਹ) ਵਿਚ । ਲਪਟਾਵੈ—ਚੰਬੜੀ ਰਹਿੰਦੀ ਹੈ । ਗਿਆਨੀ—ਆਤਮਕ ਜੀਵਨ ਦੀ ਸੂਝ ਵਾਲਾ ।੩।

ਤੇ—ਤੋਂ, ਪਾਸੋਂ । ਜਨ ਨਾਨਕ—ਹੇ ਨਾਨਕ—ਹੇ ਦਾਸ ਨਾਨਕ! ।੪।

ਅਰਥ:- ਹੇ ਭਾਈ! ਜਿਸ ਸਿਮਰਨ ਦੀ ਬਰਕਤਿ ਨਾਲ ਪਰਮਾਤਮਾ ਦੀ ਹਜ਼ੂਰੀ ਵਿਚ ਸੁਰਖ਼-ਰੂ ਹੋਈਦਾ ਹੈ, ਤੇ, ਸਦਾ ਹੀ ਆਤਮਕ ਆਨੰਦ ਮਾਣੀਦਾ ਹੈ (ਉਹ ਸਿਮਰਨ ਹੀ ਸਾਡਾ ਅਸਲ ਕੰਮ ਹੈ, ਇਸ) ਆਪਣੇ (ਅਸਲ) ਕੰਮ ਦੀ ਖ਼ਾਤਰ ਕਦੇ ਭੀ ਆਲਸ ਨਹੀਂ ਕਰਨਾ ਚਾਹੀਦਾ ।੧।ਰਹਾਉ।

ਹੇ ਭਾਈ! ਜਿਵੇਂ (ਜੇ ਕਿਸੇ ਭੁੱਖੇ ਮਨੁੱਖ ਨੂੰ ਕੁਝ ਖਾਣ ਨੂੰ ਮਿਲ ਜਾਏ, ਤਾਂ ਉਹ) ਭੁੱਖਾ ਮਨੁੱਖ ਖਾਂਦਿਆਂ ਸ਼ਰਮ ਮਹਿਸੂਸ ਨਹੀਂ ਕਰਦਾ, ਇਸੇ ਤਰ੍ਹਾਂ ਪਰਮਾਤਮਾ ਦਾ ਸੇਵਕ (ਆਪਣੀ ਆਤਮਕ ਭੁੱਖ ਮਿਟਾਣ ਲਈ ਬੜੇ ਚਾਅ ਨਾਲ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹੈ ।੧।

ਹੇ ਭਾਈ! ਜਿਵੇਂ ਕੋਈ ਵਿਸ਼ਈ ਮਨੁੱਖ ਕਾਮ-ਵਾਸ਼ਨਾ ਵਿਚ ਹੀ ਮਗਨ ਰਹਿੰਦਾ ਹੈ, ਤਿਵੇਂ ਪਰਮਾਤਮਾ ਦੇ ਸੇਵਕ ਨੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੀ ਚੰਗੀ ਲੱਗਦੀ ਹੈ ।੨।

ਹੇ ਭਾਈ! ਜਿਵੇਂ ਮਾਂ ਆਪਣੇ ਬੱਚੇ (ਦੇ ਮੋਹ) ਨਾਲ ਚੰਬੜੀ ਰਹਿੰਦੀ ਹੈ, ਤਿਵੇਂ ਆਤਮਕ ਜੀਵਨ ਦੀ ਸੂਝ ਵਾਲਾ ਮਨੁੱਖ ਨਾਮ (-ਸਿਮਰਨ ਦੀ) ਕਮਾਈ ਕਰਦਾ ਹੈ ।੩।

ਪਰ, ਹੇ ਦਾਸ ਨਾਨਕ! (ਉਹੀ ਮਨੁੱਖ ਪਰਮਾਤਮਾ ਦਾ) ਨਾਮ ਸਿਮਰਦਾ ਹੈ ਜੇਹੜਾ (ਇਹ ਦਾਤਿ) ਪੂਰੇ ਗੁਰੂ ਤੋਂ ਹਾਸਲ ਕਰਦਾ ਹੈ ।੪।੧੯।੮੩।

ਸੋਰਠਿ ਮਹਲਾ ੫ ॥ ਸੁਖ ਸਾਂਦਿ ਘਰਿ ਆਇਆ ॥ ਨਿੰਦਕ ਕੈ ਮੁਖਿ ਛਾਇਆ ॥ ਪੂਰੈ ਗੁਰਿ ਪਹਿਰਾਇਆ ॥ ਬਿਨਸੇ ਦੁਖ ਸਬਾਇਆ ॥੧॥ ਸੰਤਹੁ ਸਾਚੇ ਕੀ ਵਡਿਆਈ ॥ ਜਿਨਿ ਅਚਰਜ ਸੋਭ ਬਣਾਈ ॥੧॥ ਰਹਾਉ ॥ ਬੋਲੇ ਸਾਹਿਬ ਕੈ ਭਾਣੈ ॥ ਦਾਸੁ ਬਾਣੀ ਬ੍ਰਹਮੁ ਵਖਾਣੈ ॥ ਨਾਨਕ ਪ੍ਰਭ ਸੁਖਦਾਈ ॥ ਜਿਨਿ ਪੂਰੀ ਬਣਤ ਬਣਾਈ ॥੨॥੨੦॥੮੪॥ {ਪੰਨਾ 629}

ਪਦਅਰਥ:- ਸੁਖ ਸਾਂਦਿ—ਸੁਖ-ਸਾਂਦ ਨਾਲ, ਖ਼ੈਰੀਅਤ ਨਾਲ, ਆਤਮਕ ਅਰੋਗਤਾ ਨਾਲ । ਘਰਿ—ਹਿਰਦੇ-ਘਰ ਵਿਚ । ਕੈ ਮੁਖਿ—ਦੇ ਮੂੰਹ ਵਿਚ । ਛਾਇਆ—ਸੁਆਹ । ਗੁਰਿ—ਗੁਰੂ ਨੇ । ਪਹਿਰਾਇਆ—ਸਰੋਪਾ ਦਿੱਤਾ, ਆਦਰ-ਮਾਣ ਬਖ਼ਸ਼ਿਆ । ਸਬਾਇਆ—ਸਾਰੇ ।੧।

ਸਾਚੇ ਕੀ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ । ਵਡਿਆਈ—ਵੱਡੀ ਸ਼ਾਨ, ਵੱਡੀ ਤਾਕਤ । ਜਿਨਿ—ਜਿਸ (ਸਾਚੇ) ਨੇ । ਅਚਰਜ—ਹੈਰਾਨ ਕਰ ਦੇਣ ਵਾਲੀ । ਸੋਭ—(ਆਪਣੇ ਦਾਸ ਦੀ) ਸੋਭਾ ।੧।ਰਹਾਉ।

ਬੋਲੇ—ਬੋਲਦਾ ਹੈ । ਕੈ ਭਾਣੈ—ਦੀ ਰਜ਼ਾ ਵਿਚ । ਵਖਾਣੈ—ਉਚਾਰਦਾ ਹੈ । ਬ੍ਰਹਮੁ—ਪਰਮਾਤਮਾ (ਦਾ ਨਾਮ) । ਨਾਨਕ—ਹੇ ਨਾਨਕ! ਜਿਨਿ—ਜਿਸ (ਪ੍ਰਭੂ) ਨੇ । ਪੂਰੀ ਬਣਤ—ਉਕਾਈ ਨਾਹ ਖਾਣ ਵਾਲੀ ਵਿਓਂਤ ।੨।

ਅਰਥ:- ਹੇ ਸੰਤ ਜਨੋ! (ਵੇਖੋ) ਵੱਡੀ ਸ਼ਾਨ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ, ਜਿਸ ਨੇ (ਆਪਣੇ ਦਾਸ ਦੀ ਸਦਾ ਹੀ) ਹੈਰਾਨ ਕਰ ਦੇਣ ਵਾਲੀ ਸੋਭਾ ਬਣਾ ਦਿੱਤੀ ਹੈ ।੧।ਰਹਾਉ।

(ਹੇ ਸੰਤ ਜਨੋ! ਪਰਮਾਤਮਾ ਦੀ ਕਿਰਪਾ ਨਾਲ ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ ਆਦਰ-ਮਾਣ ਬਖ਼ਸ਼ਿਆ, ਉਸ ਦੇ ਸਾਰੇ ਹੀ ਦੁੱਖ ਦੂਰ ਹੋ ਗਏ, ਉਹੀ ਪੂਰੀ ਆਤਮਕ ਅਰੋਗਤਾ ਨਾਲ ਆਪਣੇ ਹਿਰਦੇ-ਘਰ ਵਿਚ (ਸਦਾ ਲਈ) ਟਿਕ ਗਿਆ । ਉਸ ਦੀ ਨਿੰਦਾ ਕਰਨ ਵਾਲੇ ਦੇ ਮੂੰਹ ਉੱਤੇ ਸੁਆਹ ਹੀ ਪਈ (ਪ੍ਰਭੂ ਦੇ ਦਾਸ ਦੇ ਨਿੰਦਕ ਨੇ ਸਦਾ ਬਦਨਾਮੀ ਦਾ ਟਿੱਕਾ ਹੀ ਖੱਟਿਆ) ।੧।

ਹੇ ਨਾਨਕ! (ਪ੍ਰਭੂ ਦੇ ਜਿਸ ਸੇਵਕ ਨੂੰ ਗੁਰੂ ਨੇ ਇੱਜ਼ਤ ਬਖ਼ਸ਼ੀ, ਉਹ ਸੇਵਕ ਸਦਾ) ਪਰਮਾਤਮਾ ਦੀ ਰਜ਼ਾ ਵਿਚ ਹੀ ਬਚਨ ਬੋਲਦਾ ਹੈ, ਉਹ ਸੇਵਕ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ) ਬਾਣੀ ਸਦਾ ਉਚਾਰਦਾ ਹੈ, ਪਰਮਾਤਮਾ ਦਾ ਨਾਮ ਉਚਾਰਦਾ ਹੈ । ਹੇ ਭਾਈ! ਜਿਸ ਪਰਮਾਤਮਾ ਨੇ (ਗੁਰੂ ਦੀ ਸ਼ਰਨ ਪੈ ਕੇ ਨਾਮ-ਸਿਮਰਨ ਦੀ ਇਹ) ਕਦੇ ਉਕਾਈ ਨਾਹ ਖਾਣ ਵਾਲੀ ਵਿਓਂਤ ਬਣਾ ਦਿੱਤੀ ਹੈ, ਉਹ ਸਦਾ (ਆਪਣੇ ਸੇਵਕ ਨੂੰ) ਸੁਖ ਦੇਣ ਵਾਲਾ ਹੈ ।੨।੨੦।੮੪।

ਸੋਰਠਿ ਮਹਲਾ ੫ ॥ ਪ੍ਰਭੁ ਅਪੁਨਾ ਰਿਦੈ ਧਿਆਏ ॥ ਘਰਿ ਸਹੀ ਸਲਾਮਤਿ ਆਏ ॥ ਸੰਤੋਖੁ ਭਇਆ ਸੰਸਾਰੇ ॥ ਗੁਰਿ ਪੂਰੈ ਲੈ ਤਾਰੇ ॥੧॥ ਸੰਤਹੁ ਪ੍ਰਭੁ ਮੇਰਾ ਸਦਾ ਦਇਆਲਾ ॥ ਅਪਨੇ ਭਗਤ ਕੀ ਗਣਤ ਨ ਗਣਈ ਰਾਖੈ ਬਾਲ ਗੁਪਾਲਾ ॥੧॥ ਰਹਾਉ ॥ ਹਰਿ ਨਾਮੁ ਰਿਦੈ ਉਰਿ ਧਾਰੇ ॥ ਤਿਨਿ ਸਭੇ ਥੋਕ ਸਵਾਰੇ ॥ ਗੁਰਿ ਪੂਰੈ ਤੁਸਿ ਦੀਆ ॥ ਫਿਰਿ ਨਾਨਕ ਦੂਖੁ ਨ ਥੀਆ ॥੨॥੨੧॥੮੫॥ {ਪੰਨਾ 629}

ਪਦਅਰਥ:- ਰਿਦੈ—ਹਿਰਦੇ ਵਿਚ । ਘਰਿ—ਹਿਰਦੇ-ਘਰ ਵਿਚ, ਪ੍ਰਭੂ-ਚਰਨਾਂ ਵਿਚ । ਸਹੀ ਸਲਾਮਤਿ—ਆਤਮਕ ਜੀਵਨ ਦੀ ਰਾਸਿ-ਪੂੰਜੀ ਨੂੰ ਵਿਕਾਰਾਂ ਤੋਂ ਪੂਰੀ ਤਰ੍ਹਾਂ ਬਚਾ ਕੇ । ਸੰਸਾਰੇ—ਸੰਸਾਰ ਵਿਚ (ਵਿਚਰਦਿਆਂ), ਦੁਨੀਆ ਦੀ ਕਿਰਤ-ਕਾਰ ਕਰਦਿਆਂ । ਗੁਰਿ—ਗੁਰੂ ਨੇ । ਲੈ—ਲੈ ਕੇ, (ਉਸ ਦੀ) ਬਾਂਹ

ਫੜ ਕੇ ।

ਗਣਤ—ਲੇਖਾ । ਨ ਗਣਈ—ਨਹੀਂ ਗਿਣਦਾ । ਗੁਪਾਲਾ—ਸ੍ਰਿਸ਼ਟੀ ਦਾ ਪਾਲਕ ਪ੍ਰਭੂ ।੧।ਰਹਾਉ।

ਰਿਦੈ—ਹਿਰਦੇ ਵਿਚ । ਉਰਿ—ਹਿਰਦੇ ਵਿਚ । ਤਿਨਿ—ਉਸ ਮਨੁੱਖ ਨੇ । ਸਭੇ ਥੋਕ—ਸਾਰੀਆਂ ਚੀਜ਼ਾਂ, ਸਾਰੇ ਆਤਮਕ ਗੁਣ । ਤੁਸਿ—ਤੁੱਠ ਕੇ, ਪ੍ਰਸੰਨ ਹੋ ਕੇ । ਨ ਥੀਆ—ਨਾਹ ਹੋਇਆ ।੨।

ਅਰਥ:- ਹੇ ਸੰਤ ਜਨੋ! ਮੇਰਾ ਪ੍ਰਭੂ (ਆਪਣੇ ਸੇਵਕਾਂ ਉਤੇ) ਸਦਾ ਹੀ ਦਇਆਵਾਨ ਰਹਿੰਦਾ ਹੈ । ਪ੍ਰਭੂ ਆਪਣੇ ਭਗਤਾਂ ਦੇ ਕਰਮਾਂ ਦਾ ਲੇਖਾ ਨਹੀਂ ਵਿਚਾਰਦਾ, (ਕਿਉਂਕਿ) ਸ੍ਰਿਸ਼ਟੀ ਦਾ ਪਾਲਕ-ਪ੍ਰਭੂ ਬੱਚਿਆਂ ਵਾਂਗ (ਸੇਵਕਾਂ ਨੂੰ ਵਿਕਾਰਾਂ ਤੋਂ) ਬਚਾਈ ਰੱਖਦਾ ਹੈ (ਇਸ ਕਰਕੇ ਉਹਨਾਂ ਦਾ ਵਿਕਾਰਾਂ ਦਾ ਲੇਖਾ ਕੋਈ ਰਹਿ ਹੀ ਨਹੀਂ ਜਾਂਦਾ ।੧।ਰਹਾਉ।

ਹੇ ਸੰਤ ਜਨੋ! ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ, ਉਹ ਮਨੁੱਖ ਆਪਣੀ ਆਤਮਕ ਜੀਵਨ ਦੀ ਰਾਸਿ-ਪੂੰਜੀ ਨੂੰ ਵਿਕਾਰਾਂ ਤੋਂ ਪੂਰੀ ਤਰ੍ਹਾਂ ਬਚਾ ਕੇ ਹਿਰਦੇ-ਘਰ ਵਿਚ ਟਿਕਿਆ ਰਹਿੰਦਾ ਹੈ । ਦੁਨੀਆ ਦੀ ਕਿਰਤ-ਕਾਰ ਕਰਦਿਆਂ ਭੀ (ਉਸ ਦੇ ਮਨ ਵਿਚ ਮਾਇਆ ਵਲੋਂ) ਸੰਤੋਖ ਬਣਿਆ ਰਹਿੰਦਾ ਹੈ । ਪੂਰੇ ਗੁਰੂ ਨੇ ਉਸ ਦੀ ਬਾਂਹ ਫੜ ਕੇ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ ਹੁੰਦਾ ਹੈ ।੧।

ਹੇ ਸੰਤ ਜਨੋ! ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ (ਯਕੀਨ ਜਾਣੋ) ਉਸ ਨੇ ਆਪਣੇ ਸਾਰੇ ਆਤਮਕ ਗੁਣ ਸੋਹਣੇ ਬਣਾ ਲਏ ਹਨ । ਹੇ ਨਾਨਕ! ਪੂਰੇ ਗੁਰੂ ਨੇ (ਜਿਸ ਮਨੁੱਖ ਨੂੰ) ਪ੍ਰਸੰਨ ਹੋ ਕੇ ਨਾਮ ਦੀ ਦਾਤਿ ਬਖ਼ਸ਼ੀ, ਉਸ ਨੂੰ ਮੁੜ ਕਦੇ ਕੋਈ ਦੁੱਖ ਪੋਹ ਨਾਹ ਸਕਿਆ ।੨।੨੧।੮੫।

ਸੋਰਠਿ ਮਹਲਾ ੫ ॥ ਹਰਿ ਮਨਿ ਤਨਿ ਵਸਿਆ ਸੋਈ ॥ ਜੈ ਜੈ ਕਾਰੁ ਕਰੇ ਸਭੁ ਕੋਈ ॥ ਗੁਰ ਪੂਰੇ ਕੀ ਵਡਿਆਈ ॥ ਤਾ ਕੀ ਕੀਮਤਿ ਕਹੀ ਨ ਜਾਈ ॥੧॥ ਹਉ ਕੁਰਬਾਨੁ ਜਾਈ ਤੇਰੇ ਨਾਵੈ ॥ ਜਿਸ ਨੋ ਬਖਸਿ ਲੈਹਿ ਮੇਰੇ ਪਿਆਰੇ ਸੋ ਜਸੁ ਤੇਰਾ ਗਾਵੈ ॥੧॥ ਰਹਾਉ ॥ ਤੂੰ ਭਾਰੋ ਸੁਆਮੀ ਮੇਰਾ ॥ ਸੰਤਾਂ ਭਰਵਾਸਾ ਤੇਰਾ ॥ ਨਾਨਕ ਪ੍ਰਭ ਸਰਣਾਈ ॥ ਮੁਖਿ ਨਿੰਦਕ ਕੈ ਛਾਈ ॥੨॥੨੨॥੮੬॥ {ਪੰਨਾ 629}

ਪਦਅਰਥ:- ਮਨਿ—ਮਨ ਵਿਚ । ਤਨਿ—ਤਨ ਵਿਚ । ਸੋਈ—ਉਹ (ਪਰਮਾਤਮਾ) ਹੀ । ਜੈ ਜੈ ਕਾਰੁ—ਸੋਭਾ । ਸਭੁ ਕੋਈ—ਹਰੇਕ ਜੀਵ । ਵਡਿਆਈ—ਬਰਕਤਿ, ਬਖ਼ਸ਼ਸ਼ । ਤਾ ਕੀ—ਉਸ (ਪੂਰੇ ਗੁਰੂ ਦੀ ਬਖ਼ਸ਼ਸ਼) ਦੀ ।੧।

ਹਉ ਜਾਈ—ਹਉਂ ਜਾਈਂ; ਮੈਂ ਜਾਂਦਾ ਹਾਂ । ਨਾਵੈ—ਨਾਮ ਤੋਂ । ਜਿਸ ਨੋ—{ਲਫ਼ਜ਼ 'ਜਿਸ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਪਿਆਰੇ—ਹੇ ਪਿਆਰੇ! ਜਸੁ—ਸਿਫ਼ਤਿ-ਸਾਲਾਹ ਦਾ ਗੀਤ ।੧।ਰਹਾਉ।

ਭਾਰੋ—ਵੱਡਾ । ਸੁਆਮੀ—ਮਾਲਕ । ਭਰਵਾਸਾ—ਭਰੋਸਾ, ਸਹਾਰਾ । ਕੈ ਮੁਖਿ—ਦੇ ਮੂੰਹ ਉਤੇ । ਛਾਈ—ਸੁਆਹ । ਨਿੰਦਕ—ਨਿੰਦਾ ਕਰਨ ਵਾਲਾ, ਦੋਖੀ ।੨।

ਅਰਥ:- ਹੇ ਮੇਰੇ ਪਿਆਰੇ ਪ੍ਰਭੂ! ਮੈਂ ਤੇਰੇ ਨਾਮ ਤੋਂ ਸਦਕੇ ਜਾਂਦਾ ਹਾਂ । ਤੂੰ ਜਿਸ ਮਨੁੱਖ ਉੱਤੇ ਬਖ਼ਸ਼ਸ਼ ਕਰਦਾ ਹੈਂ, ਉਹ ਸਦਾ ਤੇਰੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਹੈ ।੧।ਰਹਾਉ।

ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਤਨ ਵਿਚ ਉਹ ਪਰਮਾਤਮਾ ਹੀ ਵੱਸਿਆ ਰਹਿੰਦਾ ਹੈ, ਹਰੇਕ ਜੀਵ ਉਸ ਦੀ ਸੋਭਾ ਕਰਦਾ ਹੈ । (ਪਰ ਇਹ) ਪੂਰੇ ਗੁਰੂ ਦੀ ਹੀ ਬਖ਼ਸ਼ਸ਼ ਹੈ (ਜਿਸ ਦੀ ਮੇਹਰ ਨਾਲ ਪਰਮਾਤਮਾ ਦੀ ਯਾਦ ਕਿਸੇ ਵਡਭਾਗੀ ਦੇ ਮਨ ਤਨ ਵਿਚ ਵੱਸਦੀ ਹੈ) ਗੁਰੂ ਦੀ ਬਖ਼ਸ਼ਸ਼ ਦਾ ਮੁੱਲ ਨਹੀਂ ਪੈ ਸਕਦਾ ।੧।

ਹੇ ਪ੍ਰਭੂ! ਤੂੰ ਮੇਰਾ ਵੱਡਾ ਮਾਲਕ ਹੈਂ । ਤੇਰੇ ਸੰਤਾਂ ਨੂੰ (ਭੀ) ਤੇਰਾ ਹੀ ਸਹਾਰਾ ਰਹਿੰਦਾ ਹੈ । ਹੇ ਨਾਨਕ! ਜੇਹੜਾ ਮਨੁੱਖ ਪ੍ਰਭੂ ਦੀ ਸ਼ਰਨ ਪਿਆ ਰਹਿੰਦਾ ਹੈ (ਉਸ ਦਾ ਦੁੱਖ ਕਰਨ ਵਾਲੇ) ਦੋਖੀ ਦੇ ਮੂੰਹ ਉਤੇ ਸੁਆਹ ਹੀ ਪੈਂਦੀ ਹੈ (ਪ੍ਰਭੂ ਦੀ ਸ਼ਰਨ ਪਏ ਮਨੁੱਖ ਦਾ ਕੋਈ ਕੁਝ ਵਿਗਾੜ ਨਹੀਂ ਸਕਦਾ) ।੨।੨੨।੮੬।

ਸੋਰਠਿ ਮਹਲਾ ੫ ॥ ਆਗੈ ਸੁਖੁ ਮੇਰੇ ਮੀਤਾ ॥ ਪਾਛੇ ਆਨਦੁ ਪ੍ਰਭਿ ਕੀਤਾ ॥ ਪਰਮੇਸੁਰਿ ਬਣਤ ਬਣਾਈ ॥ ਫਿਰਿ ਡੋਲਤ ਕਤਹੂ ਨਾਹੀ ॥੧॥ ਸਾਚੇ ਸਾਹਿਬ ਸਿਉ ਮਨੁ ਮਾਨਿਆ ॥ ਹਰਿ ਸਰਬ ਨਿਰੰਤਰਿ ਜਾਨਿਆ ॥੧॥ ਰਹਾਉ ॥ ਸਭ ਜੀਅ ਤੇਰੇ ਦਇਆਲਾ ॥ ਅਪਨੇ ਭਗਤ ਕਰਹਿ ਪ੍ਰਤਿਪਾਲਾ ॥ ਅਚਰਜੁ ਤੇਰੀ ਵਡਿਆਈ ॥ ਨਿਤ ਨਾਨਕ ਨਾਮੁ ਧਿਆਈ ॥੨॥੨੩॥੮੭॥ {ਪੰਨਾ 630}

ਪਦਅਰਥ:- ਆਗੈ—ਅਗਾਂਹ ਆਉਣ ਵਾਲੇ ਜੀਵਨ ਵਿਚ । ਮੀਤਾ—ਹੇ ਮਿੱਤਰ! ਪਾਛੇ—ਪਿੱਛੇ ਬੀਤ ਚੁਕੇ ਸਮੇ ਵਿਚ । ਪ੍ਰਭਿ—ਪ੍ਰਭੂ ਨੇ । ਪਰਮੇਸੁਰਿ—ਪਰਮੇਸਰ ਨੇ । ਬਣਤ—ਵਿਓਂਤ । ਕਤ ਹੂ—ਕਿਤੇ ਭੀ ।੧।

ਸਾਚੇ ਸਿਉ—ਸਦਾ ਕਾਇਮ ਰਹਿਣ ਵਾਲੇ । ਸਿਉ—ਨਾਲ । ਮਾਨਿਆ—ਪਤੀਜ ਗਿਆ । ਨਿਰੰਤਰਿ—{ਨਿਰ-ਅੰਤਰਿ । ਅੰਤਰੁ—ਵਿੱਥ} ਇਕ-ਰਸ, ਬਿਨਾ ਵਿੱਥ ਦੇ ।੧।ਰਹਾਉ।

ਜੀਅ—{ਲਫ਼ਜ਼ 'ਜੀਵ' ਤੋਂ ਬਹੁ-ਵਚਨ} । ਦਇਆਲਾ—ਹੇ ਦਇਆ ਦੇ ਘਰ! ਕਰਹਿ—ਤੂੰ ਕਰਦਾ ਹੈਂ । ਅਚਰਜੁ—ਹੈਰਾਨ ਕਰ ਦੇਣ ਵਾਲਾ । ਵਡਿਆਈ—ਬਖ਼ਸ਼ਸ਼ । ਧਿਆਈ—ਧਿਆਉਂਦਾ ਹੈ ।੨।

ਅਰਥ:- ਹੇ ਭਾਈ! ਜਿਸ ਮਨੁੱਖ ਦਾ ਮਨ ਸਦਾ ਕਾਇਮ ਰਹਿਣ ਵਾਲੇ ਮਾਲਕ (ਦੇ ਨਾਮ) ਨਾਲ ਪਤੀਜ ਜਾਂਦਾ ਹੈ, ਉਹ ਮਨੁੱਖ ਉਸ ਮਾਲਕ-ਪ੍ਰਭੂ ਨੂੰ ਸਭ ਵਿਚ ਇਕ-ਰਸ ਵੱਸਦਾ ਪਛਾਣ ਲੈਂਦਾ ਹੈ ।੧।ਰਹਾਉ।

ਹੇ ਮੇਰੇ ਮਿੱਤਰ! ਜਿਸ ਮਨੁੱਖ ਦੇ ਅਗਾਂਹ ਆਉਣ ਵਾਲੇ ਜੀਵਨ ਵਿਚ ਪ੍ਰਭੂ ਨੇ ਸੁਖ ਬਣਾ ਦਿੱਤਾ, ਜਿਸ ਦੇ ਬੀਤ ਚੁਕੇ ਜੀਵਨ ਵਿਚ ਭੀ ਪ੍ਰਭੂ ਨੇ ਆਨੰਦ ਬਣਾਈ ਰੱਖਿਆ, ਜਿਸ ਮਨੁੱਖ ਵਾਸਤੇ ਪਰਮੇਸਰ ਨੇ ਇਹੋ ਜਿਹੀ ਵਿਓਂਤ ਬਣਾ ਰੱਖੀ, ਉਹ ਮਨੁੱਖ (ਲੋਕ ਪਰਲੋਕ ਵਿਚ) ਕਿਤੇ ਭੀ ਡੋਲਦਾ ਨਹੀਂ ।੧।

ਹੇ ਦਇਆ ਦੇ ਘਰ ਪ੍ਰਭੂ! ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ, ਤੂੰ ਆਪਣੇ ਭਗਤਾਂ ਦੀ ਰਖਵਾਲੀ ਆਪ ਹੀ ਕਰਦਾ ਹੈਂ । ਹੇ ਪ੍ਰਭੂ! ਤੂੰ ਅਸਚਰਜ-ਸਰੂਪ ਹੈਂ । ਤੇਰੀ ਬਖ਼ਸ਼ਸ਼ ਭੀ ਹੈਰਾਨ ਕਰ ਦੇਣ ਵਾਲੀ ਹੈ । ਹੇ ਨਾਨਕ! (ਆਖ—ਜਿਸ ਮਨੁੱਖ ਉਤੇ ਪ੍ਰਭੂ ਬਖ਼ਸ਼ਸ਼ ਕਰਦਾ ਹੈ, ਉਹ) ਸਦਾ ਉਸ ਦਾ ਨਾਮ ਸਿਮਰਦਾ ਰਹਿੰਦਾ ਹੈ ।੨।੨੩।੮੭।

ਸੋਰਠਿ ਮਹਲਾ ੫ ॥ ਨਾਲਿ ਨਰਾਇਣੁ ਮੇਰੈ ॥ ਜਮਦੂਤੁ ਨ ਆਵੈ ਨੇਰੈ ॥ ਕੰਠਿ ਲਾਇ ਪ੍ਰਭ ਰਾਖੈ ॥ ਸਤਿਗੁਰ ਕੀ ਸਚੁ ਸਾਖੈ ॥੧॥ ਗੁਰਿ ਪੂਰੈ ਪੂਰੀ ਕੀਤੀ ॥ ਦੁਸਮਨ ਮਾਰਿ ਵਿਡਾਰੇ ਸਗਲੇ ਦਾਸ

ਕਉ ਸੁਮਤਿ ਦੀਤੀ ॥੧॥ ਰਹਾਉ ॥ ਪ੍ਰਭਿ ਸਗਲੇ ਥਾਨ ਵਸਾਏ ॥ ਸੁਖਿ ਸਾਂਦਿ ਫਿਰਿ ਆਏ ॥ ਨਾਨਕ ਪ੍ਰਭ ਸਰਣਾਏ ॥ ਜਿਨਿ ਸਗਲੇ ਰੋਗ ਮਿਟਾਏ ॥੨॥੨੪॥੮੮॥ {ਪੰਨਾ 630}

ਪਦਅਰਥ:- ਨਰਾਇਣੁ—{nwr-AXn} ਪਰਮਾਤਮਾ । ਕੰਠਿ—ਗਲ ਨਾਲ । ਲਾਇ—ਲਾ ਕੇ । ਸਾਖੈ—ਸਾਖੀ, ਸਿੱਖਿਆ । ਸਚੁ—ਸਦਾ-ਥਿਰ ਪ੍ਰਭੂ ਦਾ ਨਾਮ ।੧।

ਗੁਰਿ—ਗੁਰੂ ਨੇ । ਪੂਰੀ—ਸਫਲਤਾ । ਦੁਸਮਨ—(ਕਾਮਾਦਿਕ) ਵੈਰੀ । ਮਾਰਿ—ਮਾਰ ਕੇ । ਵਿਡਾਰੇ—ਨਾਸ ਕਰ ਦਿੱਤੇ । ਕਉ—ਨੂੰ ।੧।ਰਹਾਉ।

ਪ੍ਰਭਿ—ਪ੍ਰਭੂ ਨੇ । ਸਗਲੇ ਥਾਨ—ਸਾਰੇ ਥਾਂ, ਸਾਰੇ ਗਿਆਨ-ਇੰਦ੍ਰੇ । ਵਸਾਏ—ਆਤਮਕ ਗੁਣਾਂ ਨਾਲ ਵਸਾ ਦਿੱਤੇ । ਸੁਖਿ ਸਾਂਦਿ—ਆਤਮਕ ਆਨੰਦ ਵਿਚ, ਸ਼ਾਂਤ ਅਵਸਥਾ ਵਿਚ । ਆਏ—ਆ ਟਿਕੇ । ਜਿਨਿ—ਜਿਸ ਪ੍ਰਭੂ ਨੇ ।੨।

ਅਰਥ:- ਹੇ ਭਾਈ! ਜਿਸ ਮਨੁੱਖ ਨੂੰ ਪੂਰੇ ਗੁਰੂ ਨੇ (ਜੀਵਨ ਵਿਚ) ਸਫਲਤਾ ਬਖ਼ਸ਼ੀ, ਪ੍ਰਭੂ ਨੇ (ਕਾਮਾਦਿਕ ਉਸ ਦੇ) ਸਾਰੇ ਹੀ ਵੈਰੀ ਮਾਰ ਮੁਕਾਏ; ਤੇ, ਉਸ ਸੇਵਕ ਨੂੰ (ਨਾਮ ਸਿਮਰਨ ਦੀ) ਸ੍ਰੇਸ਼ਟ ਅਕਲ ਦੇ ਦਿੱਤੀ ।੧।ਰਹਾਉ।

ਹੇ ਭਾਈ! ਪਰਮਾਤਮਾ ਮੇਰੇ ਨਾਲ (ਮੇਰੇ ਹਿਰਦੇ ਵਿਚ ਵੱਸ ਰਿਹਾ) ਹੈ । (ਉਸ ਦੀ ਬਰਕਤਿ ਨਾਲ) ਜਮਦੂਤ ਮੇਰੇ ਨੇੜੇ ਨਹੀਂ ਢੁਕਦਾ (ਮੈਨੂੰ ਮੌਤ ਦਾ, ਆਤਮਕ ਮੌਤ ਦਾ ਖ਼ਤਰਾ ਨਹੀਂ ਰਿਹਾ) । ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਸਿੱਖਿਆ ਮਿਲ ਜਾਂਦੀ ਹੈ, ਪ੍ਰਭੂ ਉਸ ਮਨੁੱਖ ਨੂੰ ਆਪਣੇ ਗਲ ਨਾਲ ਲਾ ਰੱਖਦਾ ਹੈ ।੧।

(ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਗੁਰੂ ਨੇ ਜੀਵਨ-ਸਫਲਤਾ ਬਖ਼ਸ਼ੀ) ਪ੍ਰਭੂ ਨੇ ਉਹਨਾਂ ਦੇ ਸਾਰੇ ਗਿਆਨ-ਇੰਦ੍ਰੇ ਆਤਮਕ ਗੁਣਾਂ ਨਾਲ ਭਰਪੂਰ ਕਰ ਦਿੱਤੇ, ਉਹ ਮਨੁੱਖ (ਕਾਮਾਦਿਕ ਵਲੋਂ) ਪਰਤ ਕੇ ਆਤਮਕ ਆਨੰਦ ਵਿਚ ਆ ਟਿਕੇ । ਹੇ ਨਾਨਕ! ਉਸ ਪ੍ਰਭੂ ਦੀ ਸ਼ਰਨ ਪਿਆ ਰਹੁ, ਜਿਸ ਨੇ (ਸ਼ਰਨ ਪਿਆਂ ਦੇ) ਸਾਰੇ ਰੋਗ ਦੂਰ ਕਰ ਦਿੱਤੇ ।੨।੨੪।੮੮।

ਸੋਰਠਿ ਮਹਲਾ ੫ ॥ ਸਰਬ ਸੁਖਾ ਕਾ ਦਾਤਾ ਸਤਿਗੁਰੁ ਤਾ ਕੀ ਸਰਨੀ ਪਾਈਐ ॥ ਦਰਸਨੁ ਭੇਟਤ ਹੋਤ ਅਨੰਦਾ ਦੂਖੁ ਗਇਆ ਹਰਿ ਗਾਈਐ ॥੧॥ ਹਰਿ ਰਸੁ ਪੀਵਹੁ ਭਾਈ ॥ ਨਾਮੁ ਜਪਹੁ ਨਾਮੋ ਆਰਾਧਹੁ ਗੁਰ ਪੂਰੇ ਕੀ ਸਰਨਾਈ ॥ ਰਹਾਉ ॥ ਤਿਸਹਿ ਪਰਾਪਤਿ ਜਿਸੁ ਧੁਰਿ ਲਿਖਿਆ ਸੋਈ ਪੂਰਨੁ ਭਾਈ ॥ ਨਾਨਕ ਕੀ ਬੇਨੰਤੀ ਪ੍ਰਭ ਜੀ ਨਾਮਿ ਰਹਾ ਲਿਵ ਲਾਈ ॥੨॥੨੫॥੮੯॥ {ਪੰਨਾ 630}

ਪਦਅਰਥ:- ਦਾਤਾ—ਦੇਣ ਵਾਲਾ । ਤਾ ਕੀ—ਉਸ (ਗੁਰੂ) ਦੀ । ਭੇਟਤ—ਮਿਲਦਿਆਂ । ਗਾਈਐ—ਗਾਣਾ ਚਾਹੀਦਾ ਹੈ ।੧।

ਭਾਈ—ਹੇ ਭਾਈ! ਨਾਮੋ—ਨਾਮ ਹੀ ।ਰਹਾਉ।

ਤਿਸਹਿ—ਤਿਸੁ ਹੀ, ਉਸੇ ਨੂੰ ਹੀ {ਲਫ਼ਜ਼ 'ਤਿਸੁ' ਦਾ ੁ ਕ੍ਰਿਆ ਵਿਸ਼ੇਸ਼ਣ 'ਹਿ' ਦੇ ਕਾਰਣ ਉੱਡ ਗਿਆ ਹੈ} । ਧੁਰਿ—ਪ੍ਰਭੂ ਦੀ ਦਰਗਾਹ ਤੋਂ । ਪ੍ਰਭ—ਹੇ ਪ੍ਰਭੂ! ਨਾਮਿ—ਨਾਮ ਵਿਚ । ਰਹਾ—ਰਹਾਂ । ਲਿਵ—ਲਗਨ

।੨।

ਅਰਥ:- ਹੇ ਭਾਈ! ਪੂਰੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਿਆ ਕਰੋ, ਹਰ ਵੇਲੇ ਨਾਮ ਹੀ ਸਿਮਰਿਆ ਕਰੋ, ਪਰਮਾਤਮਾ ਦਾ ਨਾਮ-ਅੰਮ੍ਰਿਤ ਪੀਂਦੇ ਰਿਹਾ ਕਰੋ ।ਰਹਾਉ।

ਹੇ ਭਾਈ! ਗੁਰੂ ਸਾਰੇ ਸੁਖਾਂ ਦਾ ਦੇਣ ਵਾਲਾ ਹੈ, ਉਸ (ਗੁਰੂ) ਦੀ ਸ਼ਰਨ ਪੈਣਾ ਚਾਹੀਦਾ ਹੈ । ਗੁਰੂ ਦਾ ਦਰਸ਼ਨ ਕੀਤਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਹਰੇਕ ਦੁੱਖ ਦੂਰ ਹੋ ਜਾਂਦਾ ਹੈ, (ਗੁਰੂ ਦੀ ਸ਼ਰਨ ਪੈ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ ।੧।

ਪਰ, ਹੇ ਭਾਈ! (ਇਹ ਨਾਮ ਦੀ ਦਾਤਿ ਗੁਰੂ ਦੇ ਦਰ ਤੋਂ) ਉਸ ਮਨੁੱਖ ਨੂੰ ਹੀ ਮਿਲਦੀ ਹੈ ਜਿਸ ਦੀ ਕਿਸਮਤਿ ਵਿਚ ਪਰਮਾਤਮਾ ਦੀ ਹਜ਼ੂਰੀ ਤੋਂ ਇਸ ਦੀ ਪ੍ਰਾਪਤੀ ਲਿਖੀ ਹੁੰਦੀ ਹੈ । ਉਹ ਮਨੁੱਖ ਸਾਰੇ ਗੁਣਾਂ ਵਾਲਾ ਹੋ ਜਾਂਦਾ ਹੈ । ਹੇ ਪ੍ਰਭੂ ਜੀ! (ਤੇਰੇ ਦਾਸ) ਨਾਨਕ ਦੀ (ਭੀ ਤੇਰੇ ਦਰ ਤੇ ਇਹ) ਬੇਨਤੀ ਹੈ—ਮੈਂ ਤੇਰੇ ਨਾਮ ਵਿਚ ਸੁਰਤਿ ਜੋੜੀ ਰੱਖਾਂ ।੨।੨੫।੮੯।

ਸੋਰਠਿ ਮਹਲਾ ੫ ॥ ਕਰਨ ਕਰਾਵਨ ਹਰਿ ਅੰਤਰਜਾਮੀ ਜਨ ਅਪੁਨੇ ਕੀ ਰਾਖੈ ॥ ਜੈ ਜੈ ਕਾਰੁ ਹੋਤੁ ਜਗ ਭੀਤਰਿ ਸਬਦੁ ਗੁਰੂ ਰਸੁ ਚਾਖੈ ॥੧॥ ਪ੍ਰਭ ਜੀ ਤੇਰੀ ਓਟ ਗੁਸਾਈ ॥ ਤੂ ਸਮਰਥੁ ਸਰਨਿ ਕਾ ਦਾਤਾ ਆਠ ਪਹਰ ਤੁਮ੍ ਧਿਆਈ ॥ ਰਹਾਉ ॥ ਜੋ ਜਨੁ ਭਜਨੁ ਕਰੇ ਪ੍ਰਭ ਤੇਰਾ ਤਿਸੈ ਅੰਦੇਸਾ ਨਾਹੀ ॥ ਸਤਿਗੁਰ ਚਰਨ ਲਗੇ ਭਉ ਮਿਟਿਆ ਹਰਿ ਗੁਨ ਗਾਏ ਮਨ ਮਾਹੀ ॥੨॥ ਸੂਖ ਸਹਜ ਆਨੰਦ ਘਨੇਰੇ ਸਤਿਗੁਰ ਦੀਆ ਦਿਲਾਸਾ ॥ ਜਿਣਿ ਘਰਿ ਆਏ ਸੋਭਾ ਸੇਤੀ ਪੂਰਨ ਹੋਈ ਆਸਾ ॥੩॥ ਪੂਰਾ ਗੁਰੁ ਪੂਰੀ ਮਤਿ ਜਾ ਕੀ ਪੂਰਨ ਪ੍ਰਭ ਕੇ ਕਾਮਾ ॥ ਗੁਰ ਚਰਨੀ ਲਾਗਿ ਤਰਿਓ ਭਵ ਸਾਗਰੁ ਜਪਿ ਨਾਨਕ ਹਰਿ ਹਰਿ ਨਾਮਾ ॥੪॥੨੬॥੯੦॥ {ਪੰਨਾ 630}

ਪਦਅਰਥ:- ਕਰਨ ਕਰਾਵਨ—ਸਭ ਕੁਝ ਕਰ ਸਕਣ ਵਾਲਾ ਅਤੇ ਜੀਵਾਂ ਪਾਸੋਂ ਕਰਾ ਸਕਣ ਵਾਲਾ । ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ । ਜੈ ਜੈ ਕਾਰੁ—ਸੋਭਾ । ਭੀਤਰਿ—{AËX¡qr} ਅੰਦਰ, ਵਿਚ ।੧।

ਪ੍ਰਭ—ਹੇ ਪ੍ਰਭੂ! ਓਟ ਆਸਰਾ । ਗੁਸਾਈ—ਹੇ ਧਰਤੀ ਦੇ ਖਸਮ! ਸਰਨਿ—{_rNX} ਆਸਰਾ । ਧਿਆਈ—ਧਿਆਈਂ, ਮੈਂ ਧਿਆਵਾਂ ।ਰਹਾਉ।

ਪ੍ਰਭ—ਹੇ ਪ੍ਰਭੂ! ਅੰਦੇਸਾ—ਚਿੰਤਾ-ਫ਼ਿਕਰ । ਮਾਹੀ—ਵਿਚ ।੨।

ਸਹਜ—ਆਤਮਕ ਅਡੋਲਤਾ । ਘਨੇਰੇ—ਬਹੁਤ । ਦਿਲਾਸਾ—ਹੌਸਲਾ । ਜਿਣਿ—ਜਿੱਤ ਕੇ {ਲਫ਼ਜ਼ 'ਜਿਣਿ ਅਤੇ 'ਜਿਨਿ' ਦਾ ਫ਼ਰਕ ਚੇਤੇ ਰੱਖੋ} । ਸੇਤੀ—ਨਾਲ ।੩।

ਮਤਿ—ਅਕਲ, ਸਿੱਖਿਆ । ਪੂਰੀ—ਉਕਾਈ-ਹੀਣ । ਜਾ ਕੀ—ਜਿਸ (ਗੁਰੂ) ਦੀ । ਲਾਗਿ—ਲੱਗ ਕੇ । ਭਵ ਸਾਗਰੁ—ਸੰਸਾਰ-ਸਮੁੰਦਰ । ਜਪਿ—ਜਪ ਕੇ ।੪।

ਅਰਥ:- ਹੇ (ਮੇਰੇ) ਪ੍ਰਭੂ ਜੀ! ਹੇ ਧਰਤੀ ਦੇ ਖਸਮ! (ਮੈਨੂੰ) ਤੇਰਾ (ਹੀ) ਆਸਰਾ ਹੈ । ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ (ਸਭ ਜੀਵਾਂ ਨੂੰ) ਸਹਾਰਾ ਦੇਣ ਵਾਲਾ ਹੈਂ, (ਮੇਰੇ ਉਤੇ ਮੇਹਰ ਕਰ) ਮੈਂ ਅੱਠੇ ਪਹਿਰ ਤੈਨੂੰ ਯਾਦ ਕਰਦਾ ਰਹਾਂ ।ਰਹਾਉ।

ਹੇ ਭਾਈ! ਸਭ ਕੁਝ ਕਰ ਸਕਣ ਵਾਲਾ ਤੇ ਜੀਵਾਂ ਪਾਸੋਂ ਕਰਾ ਸਕਣ ਵਾਲਾ, ਹਰੇਕ ਦੇ ਦਿਲ ਦੀ ਜਾਣਨ ਵਾਲਾ ਪ੍ਰਭੂ ਆਪਣੇ ਸੇਵਕ ਦੀ (ਸਦਾ ਲਾਜ) ਰੱਖਦਾ ਹੈ । ਜੇਹੜਾ ਸੇਵਕ ਗੁਰੂ ਦੇ ਸ਼ਬਦ ਨੂੰ (ਹਿਰਦੇ ਵਿਚ ਵਸਾਂਦਾ ਹੈ, ਪਰਮਾਤਮਾ ਦੇ ਨਾਮ ਦਾ) ਸੁਆਦ ਚੱਖਦਾ ਹੈ ਉਸ ਦੀ ਸੋਭਾ (ਸਾਰੇ) ਸੰਸਾਰ ਵਿਚ ਹੁੰਦੀ ਹੈ ।੧।

ਹੇ ਪ੍ਰਭੂ! ਜੇਹੜਾ ਮਨੁੱਖ ਤੇਰੀ ਭਗਤੀ ਕਰਦਾ ਹੈ, ਉਸ ਨੂੰ ਕੋਈ ਚਿੰਤਾ-ਫ਼ਿਕਰ ਪੋਹ ਨਹੀਂ ਸਕਦਾ, (ਜਿਸ ਦੇ ਮੱਥੇ ਨੂੰ) ਗੁਰੂ ਦੇ ਚਰਨ ਛੁੰਹਦੇ ਹਨ, ਉਸ ਦਾ ਹਰੇਕ ਡਰ ਮਿਟ ਜਾਂਦਾ ਹੈ, ਉਹ ਮਨੁੱਖ ਆਪਣੇ ਮਨ ਵਿਚ ਪਰਮਤਾਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ।੨।

ਹੇ ਸਤਿਗੁਰੂ! ਜਿਸ ਮਨੁੱਖ ਨੂੰ ਤੂੰ (ਵਿਕਾਰਾਂ ਦਾ ਟਾਕਰਾ ਕਰਨ ਲਈ) ਹੌਸਲਾ ਦਿੱਤਾ, ਉਸ ਦੇ ਅੰਦਰ ਆਤਮਕ ਅਡੋਲਤਾ ਦੇ ਬਹੁਤ ਸੁਖ ਆਨੰਦ ਪੈਦਾ ਹੋ ਜਾਂਦੇ ਹਨ । ਉਹ ਮਨੁੱਖ (ਜੀਵਨ-ਖੇਡ) ਜਿੱਤ ਕੇ (ਜਗਤ ਵਿਚੋਂ) ਸੋਭਾ ਖੱਟ ਕੇ ਹਿਰਦੇ-ਘਰ ਵਿਚ ਟਿਕਿਆ ਰਹਿੰਦਾ ਹੈ, ਉਸ ਦੀ (ਹਰੇਕ) ਆਸ ਪੂਰੀ ਹੋ ਜਾਂਦੀ ਹੈ ।੩।

ਹੇ ਨਾਨਕ! (ਆਖ—) ਜੇਹੜਾ ਗੁਰੂ ਕੋਈ ਉਕਾਈ ਖਾਣ ਵਾਲਾ ਨਹੀਂ, ਜਿਸ ਗੁਰੂ ਦੀ ਸਿੱਖਿਆ ਵਿਚ ਉਕਾਈ ਨਹੀਂ, ਜੇਹੜਾ ਗੁਰੂ ਪੂਰਨ ਪ੍ਰਭੂ (ਦਾ ਨਾਮ ਸਿਮਰਨ ਦੇ) ਆਹਰਾਂ ਵਿਚ ਲਾਂਦਾ ਹੈ, ਉਸ ਗੁਰੂ ਦੀ ਚਰਨੀਂ ਲੱਗ ਕੇ, ਤੇ, ਪਰਮਾਤਮਾ ਦਾ ਨਾਮ ਸਦਾ ਜਪ ਕੇ (ਮੈਂ) ਸੰਸਾਰ-ਸਮੁੰਦਰ ਤੋਂ (ਸਹੀ ਸਲਾਮਤਿ) ਪਾਰ ਲੰਘ ਰਿਹਾ ਹਾਂ ।੪।੨੬।੯੦।

ਸੋਰਠਿ ਮਹਲਾ ੫ ॥ ਭਇਓ ਕਿਰਪਾਲੁ ਦੀਨ ਦੁਖ ਭੰਜਨੁ ਆਪੇ ਸਭ ਬਿਧਿ ਥਾਟੀ ॥ ਖਿਨ ਮਹਿ ਰਾਖਿ ਲੀਓ ਜਨੁ ਅਪੁਨਾ ਗੁਰ ਪੂਰੈ ਬੇੜੀ ਕਾਟੀ ॥੧॥ ਮੇਰੇ ਮਨ ਗੁਰ ਗੋਵਿੰਦੁ ਸਦ ਧਿਆਈਐ ॥ ਸਗਲ ਕਲੇਸ ਮਿਟਹਿ ਇਸੁ ਤਨ ਤੇ ਮਨ ਚਿੰਦਿਆ ਫਲੁ ਪਾਈਐ ॥ ਰਹਾਉ ॥ ਜੀਅ ਜੰਤ ਜਾ ਕੇ ਸਭਿ ਕੀਨੇ ਪ੍ਰਭੁ ਊਚਾ ਅਗਮ ਅਪਾਰਾ ॥ ਸਾਧਸੰਗਿ ਨਾਨਕ ਨਾਮੁ ਧਿਆਇਆ ਮੁਖ ਊਜਲ ਭਏ ਦਰਬਾਰਾ ॥੨॥੨੭॥੯੧॥ {ਪੰਨਾ 630}

ਪਦਅਰਥ:- ਕਿਰਪਾਲੁ—ਦਇਆਵਾਨ । ਦੀਨ ਦੁਖ ਭੰਜਨੁ—ਗਰੀਬਾਂ ਦੇ ਦੁੱਖ ਨਾਸ ਕਰਨ ਵਾਲਾ । ਆਪੇ—ਆਪ ਹੀ । ਸਭ ਬਿਧਿ—ਸਾਰੀ ਵਿਓਂਤ । ਥਾਟੀ—ਬਣਾਈ । ਰਾਖਿ ਲੀਓ—ਬਚਾ ਲਿਆ । ਜਨੁ—ਦਾਸ । ਗੁਰ ਪੂਰੇ—ਪੂਰੇ ਗੁਰੂ ਨੇ । ਬੇੜੀ—ਪੈਰਾਂ ਦੀ ਜ਼ੰਜੀਰ ।੧।

ਗੋਵਿੰਦੁ—ਧਰਤੀ ਦਾ ਮਾਲਕ-ਹਰੀ । ਸਦ—ਸਦਾ । ਕਲੇਸ—ਦੁੱਖ ਝਗੜੇ । ਮਿਟਹਿ—ਮਿਟ ਜਾਂਦੇ ਹਨ । ਤੇ—ਤੋਂ । ਮਨ ਚਿੰਦਿਆ—ਮਨ-ਇੱਛਤ । ਚਿੰਦਿਆ—ਚਿਤਵਿਆ ਹੋਇਆ ।ਰਹਾਉ।

ਜਾ ਕੇ—ਜਿਸ (ਪਰਮਾਤਮਾ) ਦੇ । ਸਭਿ—ਸਾਰੇ । ਕੀਨੇ—ਪੈਦਾ ਕੀਤੇ ਹੋਏ ਹਨ । ਅਗਮ—ਅਪਹੁੰਚ । ਅਪਾਰਾ—ਬੇਅੰਤ । ਸਾਧ ਸੰਗਿ—ਸਾਧ ਸੰਗਤਿ ਵਿਚ । ਮੁਖ ਊਜਲ—ਉੱਜਲ ਮੂੰਹ ਵਾਲੇ, ਸੁਰਖ਼ਰੂ । ਦਰਬਾਰਾ—ਪ੍ਰਭੂ ਦੀ ਹਜ਼ੂਰੀ ਵਿਚ ।੨।

ਅਰਥ:- ਹੇ ਮੇਰੇ ਮਨ! ਸਦਾ ਗੁਰੂ ਦਾ ਧਿਆਨ ਧਰਨਾ ਚਾਹੀਦਾ ਹੈ, ਸਦਾ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ (ਇਸ ਉੱਦਮ ਨਾਲ) ਇਸ ਸਰੀਰ ਵਿਚੋਂ ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ, ਤੇ, ਮਨ-ਮੰਗੀ ਮੁਰਾਦ ਹਾਸਲ ਕਰ ਲਈਦੀ ਹੈ ।ਰਹਾਉ।

ਹੇ ਭਾਈ! ਗਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਪਰਮਾਤਮਾ (ਆਪਣੇ ਸੇਵਕ ਉੱਤੇ ਸਦਾ) ਦਇਆਵਾਨ ਹੁੰਦਾ ਆਇਆ ਹੈ; ਉਸ ਨੇ ਆਪ ਹੀ (ਆਪਣੇ ਸੇਵਕ ਦੀ ਰੱਖਿਆ ਕਰਨ ਦੀ) ਸਾਰੀ ਵਿਓਂਤ ਬਣਾਈ ਹੁੰਦੀ ਹੈ ।

ਉਸ ਨੇ ਇਕ ਪਲਕ ਵਿਚ ਆਪਣੇ ਸੇਵਕ ਨੂੰ (ਸਦਾ) ਬਚਾ ਲਿਆ, (ਉਸੇ ਦੀ ਮੇਹਰ ਨਾਲ) ਪੂਰੇ ਗੁਰੂ ਨੇ (ਸੇਵਕ ਦੀ ਦੁੱਖਾਂ ਕਲੇਸ਼ਾਂ ਦੀ) ਬੇੜੀ ਕੱਟ ਦਿੱਤੀ ।੧।

ਹੇ ਨਾਨਕ! (ਆਖ—) ਸਾਰੇ ਜੀਅ ਜੰਤ ਜਿਸ ਪਰਮਾਤਮਾ ਦੇ ਪੈਦਾ ਕੀਤੇ ਹੋਏ ਹਨ ਉਹ ਪ੍ਰਭੂ ਸਭ ਤੋਂ ਉੱਚਾ ਹੈ, ਅਪਹੁੰਚ ਹੈ, ਬੇਅੰਤ ਹੈ । ਜਿਨ੍ਹਾਂ ਮਨੁੱਖਾਂ ਨੇ (ਗੁਰੂ ਦੀ ਸ਼ਰਨ ਪੈ ਕੇ ਉਸ ਪਰਮਾਤਮਾ ਦਾ) ਨਾਮ ਸਿਮਰਿਆ, ਉਹ ਪਰਮਾਤਮਾ ਦੀ ਹਜ਼ੂਰੀ ਵਿਚ ਸੁਰਖ਼-ਰੂ ਹੋ ਗਏ ।੨।੨੭।੯੧।

ਸੋਰਠਿ ਮਹਲਾ ੫ ॥ ਸਿਮਰਉ ਅਪੁਨਾ ਸਾਂਈ ॥ ਦਿਨਸੁ ਰੈਨਿ ਸਦ ਧਿਆਈ ॥ ਹਾਥ ਦੇਇ ਜਿਨਿ ਰਾਖੇ ॥ ਹਰਿ ਨਾਮ ਮਹਾ ਰਸ ਚਾਖੇ ॥੧॥ ਅਪਨੇ ਗੁਰ ਊਪਰਿ ਕੁਰਬਾਨੁ ॥ ਭਏ ਕਿਰਪਾਲ ਪੂਰਨ ਪ੍ਰਭ ਦਾਤੇ ਜੀਅ ਹੋਏ ਮਿਹਰਵਾਨ ॥ ਰਹਾਉ ॥ ਨਾਨਕ ਜਨ ਸਰਨਾਈ ॥ ਜਿਨਿ ਪੂਰਨ ਪੈਜ ਰਖਾਈ ॥ ਸਗਲੇ ਦੂਖ ਮਿਟਾਈ ॥ ਸੁਖੁ ਭੁੰਚਹੁ ਮੇਰੇ ਭਾਈ ॥੨॥੨੮॥੯੨॥ {ਪੰਨਾ 630-631}

ਪਦਅਰਥ:- ਸਿਮਰਉ—ਸਿਮਰਉਂ, ਮੈਂ ਸਿਮਰਦਾ ਹਾਂ । ਸਾਂਈ—ਖਸਮ-ਪ੍ਰਭੂ । ਰੈਨਿ—ਰਾਤ । ਸਦ—ਸਦਾ । ਧਿਆਈ—ਧਿਆਈਂ, ਮੈਂ ਧਿਆਨ ਧਰਦਾ ਹਾਂ । ਦੇਇ—ਦੇ ਕੇ । ਜਿਨਿ—ਜਿਸ (ਖਸਮ-ਪ੍ਰਭੂ) ਨੇ ।੧।

ਗੁਰ ਊਪਰਿ—ਗੁਰੂ ਤੋਂ । ਕੁਰਬਾਨੁ—ਸਦਕੇ । ਜੀਅ—ਸਾਰੇ ਜੀਵਾਂ ਉੱਤੇ ।ਰਹਾਉ।

ਨਾਨਕ ਜਨ—ਹੇ ਦਾਸ ਨਾਨਕ! ਜਿਨਿ—ਜਿਸ (ਪਰਮਾਤਮਾ) ਨੇ । ਪੂਰਨ—ਚੰਗੀ ਤਰ੍ਹਾਂ । ਪੈਜ—ਇੱਜ਼ਤ । ਸਗਲੇ—ਸਾਰੇ । ਭੁੰਚਹੁ—ਖਾਵੋ, ਮਾਣੋ । ਭਾਈ—ਹੇ ਭਾਈ! ।੨।

ਅਰਥ:- ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, (ਜਿਸ ਦੀ ਮੇਹਰ ਨਾਲ) ਸਰਬ-ਵਿਆਪਕ ਦਾਤਾਰ ਪ੍ਰਭੂ ਜੀ (ਸੇਵਕਾਂ ਉਤੇ) ਕਿਰਪਾਲ ਹੁੰਦੇ ਹਨ, ਸਾਰੇ ਜੀਵਾਂ ਉੱਤੇ ਮਿਹਰਬਾਨ ਹੁੰਦੇ ਹਨ ।ਰਹਾਉ।

ਹੇ ਭਾਈ! ਮੈਂ (ਉਸ) ਖਸਮ-ਪ੍ਰਭੂ (ਦਾ ਨਾਮ) ਸਿਮਰਦਾ ਹਾਂ, ਦਿਨ ਰਾਤ ਸਦਾ (ਉਸ ਦਾ) ਧਿਆਨ ਧਰਦਾ ਹਾਂ, ਜਿਸ ਨੇ ਆਪਣੇ ਹੱਥ ਦੇ ਕੇ (ਉਹਨਾਂ ਮਨੁੱਖਾਂ ਨੂੰ ਦੁੱਖਾਂ ਵਿਕਾਰਾਂ ਤੋਂ) ਬਚਾ ਲਿਆ ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦਾ ਸ੍ਰੇਸ਼ਟ ਰਸ ਚੱਖਿਆ ।੪।

ਹੇ ਦਾਸ ਨਾਨਕ! (ਆਖ—) ਹੇ ਮੇਰੇ ਭਰਾਵੋ! ਉਸ ਪਰਮਾਤਮਾ ਦੀ ਸ਼ਰਨ ਪਏ ਰਹੋ, ਜਿਸ ਨੇ (ਸ਼ਰਨ ਪਏ ਮਨੁੱਖਾਂ ਦੀ) ਇੱਜ਼ਤ (ਦੁੱਖਾਂ ਵਿਕਾਰਾਂ ਦੇ ਟਾਕਰੇ ਤੇ) ਚੰਗੀ ਤਰ੍ਹਾਂ ਰੱਖ ਲਈ, ਜਿਸ ਨੇ ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦਿੱਤੇ । ਹੇ ਭਰਾਵੋ! (ਤੁਸੀ ਭੀ ਉਸ ਦੀ ਸ਼ਰਨ ਪੈ ਕੇ) ਆਤਮਕ ਆਨੰਦ ਮਾਣੋ ।੨।੨੮।੯੨।

ਸੋਰਠਿ ਮਹਲਾ ੫ ॥ ਸੁਨਹੁ ਬਿਨੰਤੀ ਠਾਕੁਰ ਮੇਰੇ ਜੀਅ ਜੰਤ ਤੇਰੇ ਧਾਰੇ ॥ ਰਾਖੁ ਪੈਜ ਨਾਮ ਅਪੁਨੇ ਕੀ ਕਰਨ ਕਰਾਵਨਹਾਰੇ ॥੧॥ ਪ੍ਰਭ ਜੀਉ ਖਸਮਾਨਾ ਕਰਿ ਪਿਆਰੇ ॥ ਬੁਰੇ ਭਲੇ ਹਮ ਥਾਰੇ ॥ ਰਹਾਉ ॥ ਸੁਣੀ ਪੁਕਾਰ ਸਮਰਥ ਸੁਆਮੀ ਬੰਧਨ ਕਾਟਿ ਸਵਾਰੇ ॥ ਪਹਿਰਿ ਸਿਰਪਾਉ ਸੇਵਕ ਜਨ ਮੇਲੇ ਨਾਨਕ ਪ੍ਰਗਟ ਪਹਾਰੇ ॥੨॥੨੯॥੯੩॥ {ਪੰਨਾ 631}

ਪਦਅਰਥ:- ਠਾਕੁਰ ਮੇਰੇ—ਹੇ ਮੇਰੇ ਪਾਲਣਹਾਰ ਪ੍ਰਭੂ! ਜੀਅ ਜੰਤ—ਨਿੱਕੇ ਵੱਡੇ ਸਾਰੇ ਜੀਵ । ਧਾਰੇ—ਆਸਰੇ । ਪੈਜ—ਲਾਜ, ਇੱਜ਼ਤ । ਕਰਨ ਕਰਾਵਨਹਾਰੇ—ਹੇ ਸਭ ਕੁਝ ਕਰ ਸਕਣ ਵਾਲੇ, ਤੇ, ਜੀਵਾਂ ਪਾਸੋਂ ਕਰਾ ਸਕਣ ਵਾਲੇ! ।੧।

ਖਸਮਾਨਾ—ਖਸਮ ਵਾਲਾ ਫ਼ਰਜ਼ । ਥਾਰੇ—ਤੇਰੇ ।ਰਹਾਉ।

ਸਮਰਥ—ਸਾਰੀਆਂ ਤਾਕਤਾਂ ਦਾ ਮਾਲਕ । ਕਾਟਿ—ਕੱਟ ਕੇ । ਸਵਾਰੇ—ਸੋਹਣੇ ਜੀਵਨ ਵਾਲੇ ਬਣਾ ਦਿੱਤੇ । ਪਹਿਰਿ—ਪਹਿਨਾਅ ਕੇ । ਸਿਰਪਾਉ—ਸਿਰੋਪਾ, ਆਦਰ-ਮਾਣ ਵਾਲਾ ਪੋਸ਼ਾਕਾ । ਪ੍ਰਗਟ—ਉੱਘੇ । ਪਹਾਰੇ—ਜਗਤ ਵਿਚ ।੨।

ਅਰਥ:- ਹੇ ਪਿਆਰੇ ਪ੍ਰਭੂ ਜੀ! (ਤੂੰ ਸਾਡਾ ਖਸਮ ਹੈਂ) ਖਸਮ ਵਾਲਾ ਫ਼ਰਜ਼ ਪੂਰਾ ਕਰ । (ਚਾਹੇ ਅਸੀ) ਭੈੜੇ ਹਾਂ (ਚਾਹੇ ਅਸੀ) ਚੰਗੇ ਹਾਂ, ਅਸੀ ਤੇਰੇ ਹੀ ਹਾਂ (ਸਾਡੇ ਵਿਕਾਰਾਂ ਦੇ ਬੰਧਨ ਕੱਟ ਦੇ) ।ਰਹਾਉ।

ਹੇ ਮੇਰੇ ਠਾਕੁਰ! ਹੇ ਸਭ ਕੁਝ ਕਰ ਸਕਣ ਤੇ ਕਰਾ ਸਕਣ ਵਾਲੇ ਪ੍ਰਭੂ! (ਮੇਰੀ) ਬੇਨਤੀ ਸੁਣ । ਸਾਰੇ ਨਿੱਕੇ ਵੱਡੇ ਜੀਵ ਤੇਰੇ ਹੀ ਆਸਰੇ ਹਨ (ਤੇਰਾ ਨਾਮ ਹੈ 'ਸ਼ਰਨ-ਜੋਗ' । ਅਸੀ ਜੀਵ ਤੇਰੇ ਹੀ ਆਸਰੇ ਹਾਂ) ਤੂੰ ਆਪਣੇ (ਇਸ) ਨਾਮ ਦੀ ਲਾਜ ਰੱਖ (ਤੇ, ਸਾਡੇ ਮਾਇਆ ਦੇ ਬੰਧਨ ਕੱਟ) ।੧।

ਹੇ ਨਾਨਕ! (ਆਖ—ਹੇ ਭਾਈ! ਜਿਨ੍ਹਾਂ ਸੇਵਕਾਂ ਦੀ) ਪੁਕਾਰ ਸਭ ਤਾਕਤਾਂ ਦੇ ਮਾਲਕ ਪ੍ਰਭੂ ਨੇ ਸੁਣ ਲਈ, ਉਹਨਾਂ ਦੇ (ਮਾਇਆ ਦੇ) ਬੰਧਨ ਕੱਟ ਕੇ ਪ੍ਰਭੂ ਨੇ ਉਹਨਾਂ ਦੇ ਜੀਵਨ ਸੋਹਣੇ ਬਣਾ ਦਿੱਤੇ । ਉਹਨਾਂ ਸੇਵਕਾਂ ਨੂੰ ਦਾਸਾਂ ਨੂੰ ਆਦਰ-ਮਾਣ ਦੇ ਕੇ ਆਪਣੇ ਚਰਨਾਂ ਵਿਚ ਮਿਲਾ ਲਿਆ, ਤੇ, ਸੰਸਾਰ ਵਿਚ ਉੱਘੇ ਕਰ ਦਿੱਤਾ ।੨।੨੯।੯੩।

ਸੋਰਠਿ ਮਹਲਾ ੫ ॥ ਜੀਅ ਜੰਤ ਸਭਿ ਵਸਿ ਕਰਿ ਦੀਨੇ ਸੇਵਕ ਸਭਿ ਦਰਬਾਰੇ ॥ ਅੰਗੀਕਾਰੁ ਕੀਓ ਪ੍ਰਭ ਅਪੁਨੇ ਭਵ ਨਿਧਿ ਪਾਰਿ ਉਤਾਰੇ ॥੧॥ ਸੰਤਨ ਕੇ ਕਾਰਜ ਸਗਲ ਸਵਾਰੇ ॥ ਦੀਨ ਦਇਆਲ ਕ੍ਰਿਪਾਲ ਕ੍ਰਿਪਾ ਨਿਧਿ ਪੂਰਨ ਖਸਮ ਹਮਾਰੇ ॥ ਰਹਾਉ ॥ ਆਉ ਬੈਠੁ ਆਦਰੁ ਸਭ ਥਾਈ ਊਨ ਨ ਕਤਹੂੰ ਬਾਤਾ ॥ ਭਗਤਿ ਸਿਰਪਾਉ ਦੀਓ ਜਨ ਅਪੁਨੇ ਪ੍ਰਤਾਪੁ ਨਾਨਕ ਪ੍ਰਭ ਜਾਤਾ ॥੨॥੩੦॥੯੪॥ {ਪੰਨਾ 631}

ਪਦਅਰਥ:- ਜੀਅ ਜੰਤ ਸਭਿ—ਸਾਰੇ ਜੀਵ ਸਾਰੇ ਜੰਤ । ਵਸਿ—ਵੱਸ ਵਿਚ । ਦਰਬਾਰੇ—ਦਰਬਾਰ ਵਿਚ (ਥਾਂ ਦੇਂਦਾ ਹੈ) । ਅੰਗੀਕਾਰੁ—ਪੱਖ, ਸਹਾਇਤਾ । ਭਵ ਨਿਧਿ—ਸੰਸਾਰ-ਸਮੁੰਦਰ । ਪਾਰਿ ਉਤਾਰੇ—ਪਾਰ ਲੰਘਾ ਲਏ, ਪਾਰ ਲੰਘਾ ਦੇਂਦਾ ਹੈ ।੧।

ਸਗਲ—ਸਾਰੇ । ਸਵਾਰੇ—ਸਵਾਰ ਦੇਂਦਾ ਹੈ । ਕ੍ਰਿਪਾਲ—ਕਿਰਪਾ ਦਾ ਘਰ । ਕ੍ਰਿਪਾ ਨਿਧਿ—ਕਿਰਪਾ ਦਾ ਖ਼ਜ਼ਾਨਾ । ਪੂਰਨ—ਸਭ ਤਾਕਤਾਂ ਵਾਲੇ ।ਰਹਾਉ।

ਸਭ ਥਾਈ—ਸਭ ਥਾਈਂ, ਸਭ ਥਾਵਾਂ ਤੇ । ਊਨ—ਕਮੀ, ਥੁੜ । ਕਤਹੂੰ ਬਾਤਾ—ਕਿਸੇ ਭੀ ਗੱਲੇ । ਪ੍ਰਤਾਪ—ਤੇਜ । ਜਾਤਾ—ਜਾਣਿਆ ਜਾਂਦਾ ਹੈ, ਉੱਘੜ ਪੈਂਦਾ ਹੈ ।੨।

ਅਰਥ:- ਹੇ ਭਾਈ! ਸਾਡਾ ਖਸਮ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਕਿਰਪਾ ਦਾ ਘਰ ਹੈ, ਕਿਰਪਾ ਦਾ ਖ਼ਜ਼ਾਨਾ ਹੈ, ਸਭ ਤਾਕਤਾਂ ਦਾ ਮਾਲਕ ਹੈ । (ਸਾਡਾ ਖਸਮ-ਪ੍ਰਭੂ) ਸੰਤ ਜਨਾਂ ਦੇ ਸਾਰੇ ਕੰਮ ਸਵਾਰ ਦੇਂਦਾ ਹੈ ।ਰਹਾਉ।

ਹੇ ਭਾਈ! ਪਿਆਰਾ ਪ੍ਰਭੂ ਆਪਣੇ ਸੇਵਕਾਂ ਨੂੰ ਆਪਣੇ ਦਰਬਾਰ ਵਿਚ ਆਦਰ-ਮਾਣ ਦੇਂਦਾ ਹੈ (ਦੁਨੀਆ ਦੇ) ਸਾਰੇ ਜੀਵਾਂ ਨੂੰ ਉਹਨਾਂ ਦੇ ਆਗਿਆਕਾਰ ਬਣਾ ਦੇਂਦਾ ਹੈ । ਸੇਵਕਾਂ ਦਾ ਸਦਾ ਪੱਖ ਕਰਦਾ ਹੈ, ਤੇ, ਉਹਨਾਂ ਨੂੰ

ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ।੧।

ਹੇ ਨਾਨਕ! (ਆਖ—ਪਰਮਾਤਮਾ ਦੇ ਸੇਵਕਾਂ ਨੂੰ ਸੰਤ ਜਨਾਂ ਨੂੰ) ਹਰ ਥਾਂ ਆਦਰ ਮਿਲਦਾ ਹੈ (ਹਰ ਥਾਂ ਲੋਕ) ਜੀ-ਆਇਆਂ ਆਖਦੇ ਹਨ । (ਸੰਤ ਜਨਾਂ ਨੂੰ) ਕਿਸੇ ਗੱਲੇ ਕੋਈ ਥੁੜ ਨਹੀਂ ਰਹਿੰਦੀ । ਪਰਮਾਤਮਾ ਆਪਣੇ ਸੇਵਕਾਂ ਨੂੰ ਭਗਤੀ (ਦਾ) ਸਿਰੋਪਾ ਬਖ਼ਸ਼ਦਾ ਹੈ (ਇਸ ਤਰ੍ਹਾਂ) ਪਰਮਾਤਮਾ ਦਾ ਤੇਜ-ਪ੍ਰਤਾਪ (ਸਾਰੇ ਸੰਸਾਰ ਵਿਚ) ਰੌਸ਼ਨ ਹੋ ਜਾਂਦਾ ਹੈ ।੨।੩੦।੯੪।

ਸੋਰਠਿ ਮਹਲਾ ੯ ੴ ਸਤਿਗੁਰ ਪ੍ਰਸਾਦਿ ॥ ਰੇ ਮਨ ਰਾਮ ਸਿਉ ਕਰਿ ਪ੍ਰੀਤਿ ॥ ਸ੍ਰਵਨ ਗੋਬਿੰਦ ਗੁਨੁ ਸੁਨਉ ਅਰੁ ਗਾਉ ਰਸਨਾ ਗੀਤਿ ॥੧॥ ਰਹਾਉ ॥ ਕਰਿ ਸਾਧਸੰਗਤਿ ਸਿਮਰੁ ਮਾਧੋ ਹੋਹਿ ਪਤਿਤ ਪੁਨੀਤ ॥ ਕਾਲੁ ਬਿਆਲੁ ਜਿਉ ਪਰਿਓ ਡੋਲੈ ਮੁਖੁ ਪਸਾਰੇ ਮੀਤ ॥੧॥ ਆਜੁ ਕਾਲਿ ਫੁਨਿ ਤੋਹਿ ਗ੍ਰਸਿ ਹੈ ਸਮਝਿ ਰਾਖਉ ਚੀਤਿ ॥ ਕਹੈ ਨਾਨਕੁ ਰਾਮੁ ਭਜਿ ਲੈ ਜਾਤੁ ਅਉਸਰੁ ਬੀਤ ॥੨॥੧॥ {ਪੰਨਾ 631}

ਪਦਅਰਥ:- ਸਿਉ—ਨਾਲ । ਪ੍ਰੀਤਿ—ਪਿਆਰ । ਸ੍ਰਵਨ—ਕੰਨਾਂ ਨਾਲ । ਗੋਬਿੰਦ ਗੁਨ—ਗੋਬਿੰਦ ਦੇ ਗੁਣ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ । ਅਰੁ—ਅਤੇ । {ਲਫ਼ਜ਼ 'ਅਰੁ' ਅਤੇ 'ਅਰਿ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ} । ਰਸਨਾ—ਜੀਭ ਨਾਲ ।੧।ਰਹਾਉ।

ਮਾਧੋ—ਮਾਧਵ, ਮਾਇਆ ਦਾ ਪਤੀ, ਪ੍ਰਭੂ । ਹੋਹਿ—ਹੋ ਜਾਂਦੇ ਹਨ । ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ, ਵਿਕਾਰੀ ਬੰਦੇ । ਪੁਨੀਤ—ਪਵਿੱਤ੍ਰ । ਬਿਆਲ—{ÒXw|} ਸੱਪ । ਜਿਉ—ਵਾਂਗ । ਪਰਿਓ ਡੋਲੈ—ਫਿਰ ਰਿਹਾ ਹੈ । ਪਸਾਰੇ—ਪਸਾਰਿ, ਪਸਾਰ ਕੇ, ਖਿਲਾਰ ਕੇ, ਖੋਲ੍ਹ ਕੇ । ਮੀਤ—ਹੇ ਮਿੱਤਰ! ।੧।

ਆਜੁ ਕਾਲਿ—ਅੱਜ ਭਲਕ, ਛੇਤੀ ਹੀ । ਫੁਨਿ ਤੋਹਿ—ਤੈਨੂੰ ਭੀ । ਗ੍ਰਸਿ ਹੈ—ਗ੍ਰਸ ਲਏਗਾ, ਹੜੱਪ ਕਰ ਲਏਗਾ । ਚੀਤਿ—ਚਿੱਤ ਵਿਚ । ਕਹੈ ਨਾਨਕੁ—ਨਾਨਕ ਆਖਦਾ ਹੈ । ਜਾਤੁ ਬੀਤ—ਬੀਤਦਾ ਜਾ ਰਿਹਾ ਹੈ । ਅਉਸਰੁ—ਜ਼ਿੰਦਗੀ ਦਾ ਸਮਾ ।੨।

ਅਰਥ:- ਹੇ (ਮੇਰੇ) ਮਨ! ਪਰਮਾਤਮਾ ਨਾਲ ਪਿਆਰ ਬਣਾ । (ਹੇ ਭਾਈ!) ਕੰਨਾਂ ਨਾਲ ਪਰਮਾਤਮਾ ਦੀ ਉਸਤਤਿ ਸੁਣਿਆ ਕਰ, ਅਤੇ, ਜੀਭ ਨਾਲ ਪਰਮਤਾਮਾ (ਦੀ ਸਿਫ਼ਤਿ-ਸਾਲਾਹ) ਦੇ ਗੀਤ ਗਾਇਆ ਕਰ ।ਰਹਾਉ।

ਹੇ ਭਾਈ! ਗੁਰਮੁਖਾਂ ਦੀ ਸੰਗਤਿ ਕਰਿਆ ਕਰ, ਪਰਮਾਤਮਾ ਦਾ ਸਿਮਰਨ ਕਰਦਾ ਰਹੁ । (ਸਿਮਰਨ ਦੀ ਬਰਕਤਿ ਨਾਲ) ਵਿਕਾਰੀ ਭੀ ਪਵਿਤ੍ਰ ਬਣ ਜਾਂਦੇ ਹਨ । ਹੇ ਮਿੱਤਰ! (ਇਸ ਕੰਮ ਵਿਚ ਆਲਸ ਨਾਹ ਕਰ, ਵੇਖ) ਮੌਤ ਸੱਪ ਵਾਂਗ ਮੂੰਹ ਖੋਲ੍ਹ ਕੇ ਪਈ ਫਿਰਦੀ ਹੈ ।੧।

ਹੇ ਭਾਈ! ਆਪਣੇ ਚਿੱਤ ਵਿਚ ਸਮਝ ਰੱਖ ਕਿ (ਇਹ ਮੌਤ) ਤੈਨੂੰ ਭੀ ਛੇਤੀ ਹੀ ਹੜੱਪ ਕਰ ਲਏਗੀ । ਨਾਨਕ (ਤੈਨੂੰ) ਆਖਦਾ ਹੈ—(ਹੁਣ ਅਜੇ ਵੇਲਾ ਹੈ) ਪਰਮਾਤਮਾ ਦਾ ਭਜਨ ਕਰ ਲੈ, ਇਹ ਵੇਲਾ ਲੰਘਦਾ ਜਾ ਰਿਹਾ ਹੈ ।੨।੧।

ਸੋਰਠਿ ਮਹਲਾ ੯ ॥ ਮਨ ਕੀ ਮਨ ਹੀ ਮਾਹਿ ਰਹੀ ॥ ਨਾ ਹਰਿ ਭਜੇ ਨ ਤੀਰਥ ਸੇਵੇ ਚੋਟੀ ਕਾਲਿ ਗਹੀ ॥੧॥ ਰਹਾਉ ॥ ਦਾਰਾ ਮੀਤ ਪੂਤ ਰਥ ਸੰਪਤਿ ਧਨ ਪੂਰਨ ਸਭ ਮਹੀ ॥ ਅਵਰ ਸਗਲ

ਮਿਥਿਆ ਏ ਜਾਨਉ ਭਜਨੁ ਰਾਮੁ ਕੋ ਸਹੀ ॥੧॥ ਫਿਰਤ ਫਿਰਤ ਬਹੁਤੇ ਜੁਗ ਹਾਰਿਓ ਮਾਨਸ ਦੇਹ ਲਹੀ ॥ ਨਾਨਕ ਕਹਤ ਮਿਲਨ ਕੀ ਬਰੀਆ ਸਿਮਰਤ ਕਹਾ ਨਹੀ ॥੨॥੨॥ {ਪੰਨਾ 631}

ਪਦਅਰਥ:- ਮਾਹਿ—ਵਿਚ । ਰਹੀ—ਰਹਿ ਗਈ । ਭਜੇ—ਭਜਨ ਕੀਤਾ । ਤੀਰਥ—{qIQ—A holy person} ਸੰਤ ਜਨ । ਵੇਖੋ:

(੧) "ਨਾਮਿ ਰਤੇ ਤੀਰਥ ਸੇ ਨਿਰਮਲ, ਦੁਖੁ ਹਉਮੈ ਮੈਲੁ ਚੁਕਾਇਆ ॥
. . . ਨਾਨਕੁ ਤਿਨ ਕੇ ਚਰਨ ਪਖਾਲੈ, ਜਿਨ੍ਾ ਗੁਰਮੁਖਿ ਸਾਚਾ ਭਾਇਆ ॥" {ਪ੍ਰਭਾਤੀ ਮ: ੧ , ਪੰਨਾ ੧੩੪੫
(੨) ਸੋਰਠਿ ਮ: ੯ "ਨਾ ਹਰਿ ਭਜਿਓ ਨਾ ਗੁਰਜਨੁ ਸੇਵਿਓ"—ਪੰਨਾ ੬੩੨ (ਸ਼ਬਦ ਤੀਜਾ)

ਸੇਵੇ—ਸੇਵਾ ਕੀਤੀ । ਚੋਟੀ—ਬੋਦੀ । ਕਾਲਿ—ਕਾਲ ਨੇ । ਗਹੀ—ਫੜ ਲਈ ।੧।ਰਹਾਉ।

ਦਾਰਾ—ਇਸਤ੍ਰੀ । ਪੂਤ—ਪੁੱਤਰ । ਰਥ—ਗੱਡੀਆਂ । ਸੰਪਤਿ—ਮਲ-ਅਸਬਾਬ । ਸਭ ਮਹੀ—ਸਾਰੀ ਧਰਤੀ । ਅਵਰ—ਹੋਰ । ਸਗਲ—ਸਾਰਾ । ਮਿਥਿਆ—ਨਾਸਵੰਤ । ਜਾਨਹੁ—ਸਮਝੋ । ਕੋ—ਦਾ । ਸਹੀ—ਠੀਕ, ਸਾਥ ਨਿਬਾਹੁਣ ਵਾਲਾ, ਅਸਲ (ਸਾਥੀ) ।੧।

ਜੁਗ—ਜੁਗਾਂ ਵਿਚ । ਹਾਰਿਓ—ਥੱਕ ਗਿਆ । ਮਾਨਸ ਦੇਹ—ਮਨੁੱਖਾ ਸਰੀਰ । ਲਹੀ—ਲੱਭਾ । ਬਰੀਆ—ਵਾਰੀ । ਕਹਾ ਨਹੀ—ਕਿਉਂ ਨਹੀਂ? ।੨।

ਅਰਥ:- (ਹੇ ਭਾਈ! ਵੇਖੋ, ਮਾਇਆ ਧਾਰੀ ਦੀ ਮੰਦ-ਭਾਗਤਾ! ਉਸ ਦੇ) ਮਨ ਦੀ ਆਸ ਮਨ ਵਿਚ ਹੀ ਰਹਿ ਗਈ । ਨਾਹ ਉਸ ਨੇ ਪਰਮਾਤਮਾ ਦਾ ਭਜਨ ਕੀਤਾ, ਨਾਹ ਹੀ ਉਸ ਨੇ ਸੰਤ ਜਨਾਂ ਦੀ ਸੇਵਾ ਕੀਤੀ, ਤੇ, ਮੌਤ ਨੇ ਬੋਦੀ ਆ ਫੜੀ ।੧।ਰਹਾਉ।

ਹੇ ਭਾਈ! ਇਸਤ੍ਰੀ, ਮਿੱਤਰ, ਪੁੱਤਰ, ਗੱਡੀਆਂ, ਮਾਲ-ਅਸਬਾਬ, ਧਨ-ਪਦਾਰਥ ਸਾਰੀ ਹੀ ਧਰਤੀ—ਇਹ ਸਭ ਕੁਝ ਨਾਸਵੰਤ ਸਮਝੋ । ਪਰਮਾਤਮਾ ਦਾ ਭਜਨ (ਹੀ) ਅਸਲ (ਸਾਥੀ) ਹੈ ।੧।

ਹੇ ਭਾਈ! ਕਈ ਜੁਗ (ਜੂਨਾਂ ਵਿਚ) ਭਟਕ ਭਟਕ ਕੇ ਤੂੰ ਥੱਕ ਗਿਆ ਸੀ । (ਹੁਣ) ਤੈਨੂੰ ਮਨੁੱਖਾ ਸਰੀਰ ਲੱਭਾ ਹੈ । ਨਾਨਕ ਆਖਦਾ ਹੈ—(ਹੇ ਭਾਈ! ਪਰਮਾਤਮਾ ਨੂੰ) ਮਿਲਣ ਦੀ ਇਹੀ ਵਾਰੀ ਹੈ, ਹੁਣ ਤੂੰ ਸਿਮਰਨ ਕਿਉਂ ਨਹੀਂ ਕਰਦਾ? ।੨।੨।

ਸੋਰਠਿ ਮਹਲਾ ੯ ॥ ਮਨ ਰੇ ਕਉਨੁ ਕੁਮਤਿ ਤੈ ਲੀਨੀ ॥ ਪਰ ਦਾਰਾ ਨਿੰਦਿਆ ਰਸ ਰਚਿਓ ਰਾਮ ਭਗਤਿ ਨਹਿ ਕੀਨੀ ॥੧॥ ਰਹਾਉ ॥ ਮੁਕਤਿ ਪੰਥੁ ਜਾਨਿਓ ਤੈ ਨਾਹਨਿ ਧਨ ਜੋਰਨ ਕਉ ਧਾਇਆ ॥ ਅੰਤਿ ਸੰਗ ਕਾਹੂ ਨਹੀ ਦੀਨਾ ਬਿਰਥਾ ਆਪੁ ਬੰਧਾਇਆ ॥੧॥ ਨਾ ਹਰਿ ਭਜਿਓ ਨ ਗੁਰ ਜਨੁ ਸੇਵਿਓ ਨਹ ਉਪਜਿਓ ਕਛੁ ਗਿਆਨਾ ॥ ਘਟ ਹੀ ਮਾਹਿ ਨਿਰੰਜਨੁ ਤੇਰੈ ਤੈ ਖੋਜਤ ਉਦਿਆਨਾ ॥੨॥ ਬਹੁਤੁ ਜਨਮ ਭਰਮਤ ਤੈ ਹਾਰਿਓ ਅਸਥਿਰ ਮਤਿ ਨਹੀ ਪਾਈ ॥ ਮਾਨਸ ਦੇਹ ਪਾਇ ਪਦ ਹਰਿ ਭਜੁ ਨਾਨਕ ਬਾਤ ਬਤਾਈ ॥੩॥੩॥ {ਪੰਨਾ 631-632}

ਪਦਅਰਥ:- ਕੁਮਤਿ—ਭੈੜੀ ਮਤਿ । ਦਾਰਾ—ਇਸਤ੍ਰੀ । ਰਸਿ—ਰਸ ਵਿਚ । ਰਚਿਓ—ਮਸਤ ਹੈਂ ।ਰਹਾਉ।

ਮੁਕਤਿ ਪੰਥੁ—(ਇਹਨਾਂ) ਵਿਕਾਰਾਂ ਤੋਂ ਖ਼ਲਾਸੀ ਦਾ ਰਾਹ । ਨਾਹਨਿ—ਨਹੀਂ । ਧਾਇਆ—ਦੌੜਿਆ ਫਿਰਦਾ ਹੈਂ । ਸੰਗ—ਸਾਥ । ਕਾਹੂ—ਕਿਸੇ ਨੇ ਭੀ । ਬਿਰਥਾ—ਵਿਅਰਥ ਹੀ । ਆਪੁ—ਆਪਣੇ ਆਪ ਨੂੰ ।੧।

ਗਿਆਨਾ—ਆਤਮਕ ਜੀਵਨ ਦੀ ਸੂਝ । ਘਟ—ਹਿਰਦਾ । ਤੇਰੈ ਘਟ ਹੀ ਮਾਹਿ—ਤੇਰੇ ਹਿਰਦੇ ਵਿਚ ਹੀ । ਉਦਿਆਨਾ—ਜੰਗਲ ।੨।

ਤੈ ਹਾਰਿਓ—ਤੂੰ (ਮਨੁੱਖਾ ਜਨਮ ਦੀ ਬਾਜ਼ੀ) ਹਾਰ ਲਈ ਹੈ । ਅਸਥਿਰ—ਅਡੋਲਤਾ ਵਿਚ ਰੱਖਣ ਵਾਲੀ । ਮਾਨਸ ਦੇਹ ਪਦ—ਮਨੁੱਖਾ ਸਰੀਰ ਦਾ ਦਰਜਾ । ਪਾਇ—ਹਾਸਲ ਕਰ ਕੇ । ਨਾਨਕ—ਹੇ ਨਾਨਕ! ।੩।

ਅਰਥ:- ਹੇ ਮਨ! ਤੂੰ ਕੇਹੜੀ ਭੈੜੀ ਸਿੱਖਿਆ ਲੈ ਲਈ ਹੈ? ਤੂੰ ਪਰਾਈ ਇਸਤ੍ਰੀ, ਪਰਾਈ ਨਿੰਦਿਆ ਦੇ ਰਸ ਵਿਚ ਮਸਤ ਰਹਿੰਦਾ ਹੈਂ । ਪਰਮਾਤਮਾ ਦੀ ਭਗਤੀ ਤੂੰ (ਕਦੇ) ਨਹੀਂ ਕੀਤੀ ।੧।ਰਹਾਉ।

ਹੇ ਭਾਈ! ਤੂੰ ਵਿਕਾਰਾਂ ਤੋਂ ਖ਼ਲਾਸੀ ਪਾਣ ਦਾ ਰਸਤਾ (ਅਜੇ ਤਕ) ਨਹੀਂ ਸਮਝਿਆ, ਧਨ ਇਕੱਠਾ ਕਰਨ ਲਈ ਤੂੰ ਸਦਾ ਦੌੜ-ਭਜ ਕਰ ਰਿਹਾ ਹੈਂ । (ਦੁਨੀਆ ਦੇ ਪਦਾਰਥਾਂ ਵਿਚੋਂ) ਕਿਸੇ ਨੇ ਭੀ ਆਖ਼ਰ ਕਿਸੇ ਦਾ ਸਾਥ ਨਹੀਂ ਦਿੱਤਾ । ਤੂੰ ਵਿਅਰਥ ਹੀ ਆਪਣੇ ਆਪ ਨੂੰ (ਮਾਇਆ ਦੇ ਮੋਹ ਵਿਚ) ਜਕੜ ਰੱਖਿਆ ਹੈ ।੧।

ਹੇ ਭਾਈ! (ਅਜੇ ਤਕ) ਨਾਹ ਤੂੰ ਪਰਮਾਤਮਾ ਦੀ ਭਗਤੀ ਕੀਤੀ ਹੈ, ਨਾਹ ਗੁਰੂ ਦੀ ਸ਼ਰਨ ਪਿਆ ਹੈਂ, ਨਾਹ ਹੀ ਤੇਰੇ ਅੰਦਰ ਆਤਮਕ ਜੀਵਨ ਦੀ ਸੋਝੀ ਪਈ ਹੈ । ਮਾਇਆ ਤੋਂ ਨਿਰਲੇਪ ਪ੍ਰਭੂ ਤੇਰੇ ਹਿਰਦੇ ਵਿਚ ਵੱਸ ਰਿਹਾ ਹੈ, ਪਰ ਤੂੰ (ਬਾਹਰ) ਜੰਗਲਾਂ ਵਿਚ ਉਸ ਨੂੰ ਭਾਲ ਰਿਹਾ ਹੈਂ ।੨।

ਹੇ ਭਾਈ! ਅਨੇਕਾਂ ਜਨਮਾਂ ਵਿਚ ਭਟਕ ਭਟਕ ਕੇ ਤੂੰ (ਮਨੁੱਖਾ ਜਨਮ ਦੀ ਬਾਜ਼ੀ) ਹਾਰ ਲਈ ਹੈ, ਤੂੰ ਅਜੇਹੀ ਅਕਲ ਨਹੀਂ ਸਿੱਖੀ ਜਿਸ ਦੀ ਬਰਕਤਿ ਨਾਲ (ਜਨਮਾਂ ਦੇ ਗੇੜ ਵਿਚੋਂ) ਤੈਨੂੰ ਅਡੋਲਤਾ ਹਾਸਲ ਹੋ ਸਕੇ । ਹੇ ਨਾਨਕ! (ਆਖ—ਹੇ ਭਾਈ! ਗੁਰੂ ਨੇ ਤਾਂ ਇਹ) ਗੱਲ ਸਮਝਾਈ ਹੈ ਕਿ ਮਨੁੱਖਾ ਜਨਮ ਦਾ (ਉੱਚਾ) ਦਰਜਾ ਹਾਸਲ ਕਰ ਕੇ ਪਰਮਾਤਮਾ ਦਾ ਭਜਨ ਕਰ ।੩।੩।

ਸੋਰਠਿ ਮਹਲਾ ੯ ॥ ਮਨ ਰੇ ਪ੍ਰਭ ਕੀ ਸਰਨਿ ਬਿਚਾਰੋ ॥ ਜਿਹ ਸਿਮਰਤ ਗਨਕਾ ਸੀ ਉਧਰੀ ਤਾ ਕੋ ਜਸੁ ਉਰ ਧਾਰੋ ॥੧॥ ਰਹਾਉ ॥ ਅਟਲ ਭਇਓ ਧ੍ਰੂਅ ਜਾ ਕੈ ਸਿਮਰਨਿ ਅਰੁ ਨਿਰਭੈ ਪਦੁ ਪਾਇਆ ॥ ਦੁਖ ਹਰਤਾ ਇਹ ਬਿਧਿ ਕੋ ਸੁਆਮੀ ਤੈ ਕਾਹੇ ਬਿਸਰਾਇਆ ॥੧॥ ਜਬ ਹੀ ਸਰਨਿ ਗਹੀ ਕਿਰਪਾ ਨਿਧਿ ਗਜ ਗਰਾਹ ਤੇ ਛੂਟਾ ॥ ਮਹਮਾ ਨਾਮ ਕਹਾ ਲਉ ਬਰਨਉ ਰਾਮ ਕਹਤ ਬੰਧਨ ਤਿਹ ਤੂਟਾ ॥੨॥ ਅਜਾਮਲੁ ਪਾਪੀ ਜਗੁ ਜਾਨੇ ਨਿਮਖ ਮਾਹਿ ਨਿਸਤਾਰਾ ॥ ਨਾਨਕ ਕਹਤ ਚੇਤ ਚਿੰਤਾਮਨਿ ਤੈ ਭੀ ਉਤਰਹਿ ਪਾਰਾ ॥੩॥੪॥ {ਪੰਨਾ 632}

ਪਦਅਰਥ:- ਬਿਚਾਰੋ—(ਪਰਮਾਤਮਾ ਦੇ ਨਾਮ ਦਾ) ਧਿਆਨ ਕਰ । ਜਿਹ ਸਿਮਰਤ—ਜਿਸ ਨੂੰ ਸਿਮਰਦਿਆਂ । ਗਨਕਾ—ਵੇਸਵਾ {ਵੇਖੋ ਭਾਈ ਗੁਰਦਾਸ ਜੀ ਦੀ ਵਾਰ ਦਸਵੀਂ} ਕਿਸੇ ਸੰਤ ਨੇ ਇਸ ਨੂੰ ਇਕ ਤੋਤਾ ਦਿੱਤਾ ਸੀ ਜੋ 'ਰਾਮ ਰਾਮ' ਉਚਾਰਦਾ ਸੀ । ਉਸ ਤੋਂ ਰਾਮ-ਨਾਮ ਸਿਮਰਨ ਦੀ ਲਗਨ ਇਸ ਵੇਸਵਾ ਨੂੰ ਭੀ ਲੱਗ ਗਈ ਸੀ । ਉਰ—ਹਿਰਦੇ ਵਿਚ ।੧।ਰਹਾਉ।

ਧ੍ਰੂਅ—ਧ੍ਰੂਵ {ਵੇਖੋ ਭਾਈ ਗੁਰਦਾਸ ਜੀ ਦੀ ਵਾਰ ਦਸਵੀਂ} ਰਾਜਾ ਉਤੱਾਨਪਾਦ ਦਾ ਪੁੱਤਰ । ਮਤੇਈ ਮਾਂ ਦੇ ਨਿਰਾਦਰ ਤੋਂ ਉਪਰਾਮ ਹੋ ਕੇ ਜੰਗਲ ਵਿਚ ਭਗਤੀ ਕਰਨ ਜਾ ਲੱਗਾ, ਤੇ ਸਦਾ ਲਈ ਅਟੱਲ ਸੋਭਾ ਖੱਟ ਗਿਆ ।

ਸਿਮਰਨਿ—ਸਿਮਰਨ ਨਾਲ । ਨਿਰਭੈ ਪਦੁ—ਨਿਰਭੈਤਾ ਦਾ ਆਤਮਕ ਦਰਜਾ । ਇਹ ਬਿਧਿ ਕੋ—ਇਸ ਤਰ੍ਹਾਂ ਦਾ । ਹਰਤਾ—ਦੂਰ ਕਰਨ ਵਾਲਾ । ਕਾਹੇ—ਕਿਉਂ? ।੧।

ਗਹੀ—ਫੜੀ । ਗਜ—ਹਾਥੀ {ਵੇਖੋ ਭਾਈ ਗੁਰਦਾਸ ਜੀ ਦੀ ਵਾਰ ਦਸਵੀਂ} ਇਕ ਗੰਧਰਬ ਸਰਾਪ ਦੇ ਕਾਰਨ ਹਾਥੀ ਦੀ ਜੂਨੇ ਜਾ ਪਿਆ ਸੀ । ਜਦੋਂ ਇਹ ਵਰੁਣ ਦੇ ਤਲਾਬ ਵਿਚ ਵੜਿਆ, ਤਾਂ ਇਕ ਤੰਦੂਏ ਨੇ ਇਸ ਨੂੰ ਫੜ ਲਿਆ । ਰਾਮ-ਨਾਮ ਦੀ ਬਰਕਤਿ ਨਾਲ ਤੰਦੂਏ ਦੇ ਪੰਜੇ ਤੋਂ ਬਚਿਆ ।੨।

ਅਜਾਮਲੁ—ਕਨੌਜ ਦਾ ਇਕ ਵੇਸਵਾ-ਗਾਮੀ ਬ੍ਰਾਹਮਣ । ਕਿਸੇ ਮਹਾਤਮਾ ਦੇ ਕਹਿਣ ਤੇ ਇਸ ਨੇ ਆਪਣੇ ਇਕ ਪੁੱਤਰ ਦਾ ਨਾਮ 'ਨਾਰਾਇਣ' ਰੱਖਿਆ । ਉਥੋਂ ਹੀ 'ਨਾਰਾਇਣ' ਦਾ ਸਿਮਰਨ ਕਰਨ ਦੀ ਲਗਣ ਲੱਗ ਗਈ, ਤੇ, ਵਿਕਾਰਾਂ ਵਿਚੋਂ ਬਚ ਨਿਕਲਿਆ । ਚੇਤ—ਸਿਮਰ । ਚਿੰਤਾਮਨਿ—ਪਰਮਾਤਮਾ, ਉਹ ਜੋ ਮਣੀ ਹਰੇਕ ਚਿਤਵਨੀ ਪੂਰੀ ਕਰਦੀ ਹੈ ।੩।

ਅਰਥ:- ਹੇ ਮਨ! ਪਰਮਾਤਮਾ ਦੀ ਸਰਨ ਪੈ ਕੇ ਉਸ ਦੇ ਨਾਮ ਦਾ ਧਿਆਨ ਧਰਿਆ ਕਰ । ਜਿਸ ਪਰਮਾਤਮਾ ਦਾ ਸਿਮਰਨ ਕਰਦਿਆਂ ਗਨਕਾ (ਵਿਕਾਰਾਂ ਵਿਚ ਡੁੱਬਣੋਂ) ਬਚ ਗਈ ਸੀ ਤੂੰ ਭੀ, (ਹੇ ਭਾਈ!) ਉਸ ਦੀ ਸਿਫ਼ਤਿ-ਸਾਲਾਹ ਆਪਣੇ ਹਿਰਦੇ ਵਿਚ ਵਸਾਈ ਰੱਖ ।ਰਹਾਉ।

ਹੇ ਭਾਈ! ਜਿਸ ਪਰਮਾਤਮਾ ਦੇ ਸਿਮਰਨ ਦੀ ਰਾਹੀਂ ਧ੍ਰੂ ਸਦਾ ਲਈ ਅਟੱਲ ਹੋ ਗਿਆ ਹੈ ਤੇ ਉਸ ਨੇ ਨਿਰਭੈਤਾ ਦਾ ਆਤਮਕ ਦਰਜਾ ਹਾਸਲ ਕਰ ਲਿਆ ਸੀ, ਤੂੰ ਉਸ ਪਰਮਾਤਮਾ ਨੂੰ ਕਿਉਂ ਭੁਲਾਇਆ ਹੋਇਆ ਹੈ, ਉਹ ਤਾਂ ਇਸ ਤਰ੍ਹਾਂ ਦਾ ਦੁੱਖਾਂ ਦਾ ਨਾਸ ਕਰਨ ਵਾਲਾ ਹੈ ।੧।

ਹੇ ਭਾਈ! ਜਿਸ ਵੇਲੇ ਹੀ (ਗਜ ਨੇ) ਕਿਰਪਾ ਦੇ ਸਮੁੰਦਰ ਪਰਮਾਤਮਾ ਦਾ ਆਸਰਾ ਲਿਆ ਉਹ ਗਜ (ਹਾਥੀ) ਤੰਦੂਏ ਦੀ ਫਾਹੀ ਤੋਂ ਨਿਕਲ ਗਿਆ ਸੀ । ਮੈਂ ਕਿਥੋਂ ਤਕ ਪਰਮਾਤਮਾ ਦੇ ਨਾਮ ਦੀ ਵਡਿਆਈ ਦੱਸਾਂ? ਪਰਮਾਤਮਾ ਦਾ ਨਾਮ ਉਚਾਰ ਕੇ ਉਸ (ਹਾਥੀ) ਦੇ ਬੰਧਨ ਟੁੱਟ ਗਏ ਸਨ ।੨।

ਹੇ ਭਾਈ! ਸਾਰਾ ਜਗਤ ਜਾਣਦਾ ਹੈ ਕਿ ਅਜਾਮਲ ਵਿਕਾਰੀ ਸੀ (ਪਰਮਾਤਮਾ ਦੇ ਨਾਮ ਦਾ ਸਿਮਰਨ ਕਰ ਕੇ) ਅੱਖ ਦੇ ਝਮਕਣ ਜਿਤਨੇ ਸਮੇ ਵਿਚ ਹੀ ਉਸ ਦਾ ਪਾਰ-ਉਤਾਰਾ ਹੋ ਗਿਆ ਸੀ । ਨਾਨਕ ਆਖਦਾ ਹੈ—(ਹੇ ਭਾਈ! ਤੂੰ) ਸਾਰੀਆਂ ਚਿਤਵਨੀਆਂ ਪੂਰੀਆਂ ਕਰਨ ਵਾਲੇ ਪਰਮਾਤਮਾ ਦਾ ਨਾਮ ਸਿਮਰਿਆ ਕਰ । ਤੂੰ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਏਂਗਾ ।੩।੪।

ਸੋਰਠਿ ਮਹਲਾ ੯ ॥ ਪ੍ਰਾਨੀ ਕਉਨੁ ਉਪਾਉ ਕਰੈ ॥ ਜਾ ਤੇ ਭਗਤਿ ਰਾਮ ਕੀ ਪਾਵੈ ਜਮ ਕੋ ਤ੍ਰਾਸੁ ਹਰੈ ॥੧॥ ਰਹਾਉ ॥ ਕਉਨੁ ਕਰਮ ਬਿਦਿਆ ਕਹੁ ਕੈਸੀ ਧਰਮੁ ਕਉਨੁ ਫੁਨਿ ਕਰਈ ॥ ਕਉਨੁ ਨਾਮੁ ਗੁਰ ਜਾ ਕੈ ਸਿਮਰੈ ਭਵ ਸਾਗਰ ਕਉ ਤਰਈ ॥੧॥ ਕਲ ਮੈ ਏਕੁ ਨਾਮੁ ਕਿਰਪਾ ਨਿਧਿ ਜਾਹਿ ਜਪੈ ਗਤਿ ਪਾਵੈ ॥ ਅਉਰ ਧਰਮ ਤਾ ਕੈ ਸਮ ਨਾਹਨਿ ਇਹ ਬਿਧਿ ਬੇਦੁ ਬਤਾਵੈ ॥੨॥ ਸੁਖੁ ਦੁਖੁ ਰਹਤ ਸਦਾ ਨਿਰਲੇਪੀ ਜਾ ਕਉ ਕਹਤ ਗੁਸਾਈ ॥ ਸੋ ਤੁਮ ਹੀ ਮਹਿ ਬਸੈ ਨਿਰੰਤਰਿ ਨਾਨਕ ਦਰਪਨਿ ਨਿਆਈ ॥੩॥੫॥ {ਪੰਨਾ 632}

ਪਦਅਰਥ:- ਕਉਨੁ ਉਪਾਉ—ਕੇਹੜਾ ਹੀਲਾ? ਜਾ ਤੇ—ਜਿਸ ਨਾਲ, ਜਿਸ ਦੀ ਰਾਹੀਂ । ਕੋ—ਦਾ । ਤ੍ਰਾਸੁ—ਡਰ । ਹਰੈ—ਦੂਰ ਕਰ ਲਏ ।੧।

ਕਉਨੁ ਕਰਮ—ਕੇਹੜਾ ਕਰਮ? ਕਹੁ—ਦੱਸੋ । ਕਰਈ—ਕਰੇ । ਕਉਨੁ ਨਾਮ ਗੁਰ—ਗੁਰੂ ਦਾ ਕੇਹੜਾ ਨਾਮ? ਜਾ ਕੈ ਸਿਮਰੈ—ਜਿਸ ਦੇ ਸਿਮਰਨ ਨਾਲ । ਕਉ—ਨੂੰ । ਤਰਈ—ਪਾਰ ਲੰਘ ਜਾਏ ।੧।

ਕਲ ਮਹ—ਕਲਜੁਗ ਵਿਚ, ਜਗਤ ਵਿਚ । ਕਿਰਪਾ ਨਿਧਿ ਨਾਮੁ—ਕਿਰਪਾ ਦੇ ਖ਼ਜ਼ਾਨੇ ਪ੍ਰਭੂ ਦਾ ਨਾਮ । ਜਾਹਿ—ਜਿਸ ਨੂੰ । ਗਤਿ—ਉੱਚੀ ਆਤਮਕ ਅਵਸਥਾ । ਸਮ—ਬਰਾਬਰ । ਨਾਹਨਿ—ਨਹੀਂ । ਬਿਧਿ—ਜੁਗਤਿ ।੨।

ਸੁਖ ਦੁਖੁ ਰਹਤ—ਸੁਖਾਂ ਦੁੱਖਾਂ ਤੋਂ ਵੱਖਰਾ । ਜਾ ਕਉ—ਜਿਸ ਨੂੰ । ਗੁਸਾਈ—ਧਰਤੀ ਦਾ ਖਸਮ । ਨਿਰੰਤਰਿ—ਇਕ-ਰਸ, ਬਿਨਾ ਵਿੱਥ ਦੇ । ਦਰਪਨ ਨਿਆਈ—ਸ਼ੀਸ਼ੇ ਵਾਂਗ ।੩।

ਅਰਥ:- (ਹੇ ਭਾਈ! ਦੱਸ,) ਮਨੁੱਖ ਉਹ ਕੇਹੜਾ ਹੀਲਾ ਕਰੇ ਜਿਸ ਨਾਲ ਪਰਮਾਤਮਾ ਦੀ ਭਗਤੀ ਪ੍ਰਾਪਤ ਕਰ ਸਕੇ; ਅਤੇ ਜਮ ਦਾ ਡਰ ਦੂਰ ਕਰ ਸਕੇ ।੧।ਰਹਾਉ।

(ਹੇ ਭਾਈ!) ਦੱਸ, ਉਹ ਕੇਹੜੇ (ਧਾਰਮਿਕ) ਕਰਮ ਹਨ, ਉਹ ਕਿਹੋ ਜਿਹੀ ਵਿੱਦਿਆ ਹੈ, ਉਹ ਕੇਹੜਾ ਧਰਮ ਹੈ (ਜੇਹੜਾ ਮਨੁੱਖ) ਕਰੇ; ਉਹ ਕੇਹੜਾ ਗੁਰੂ ਦਾ (ਦੱਸਿਆ) ਨਾਮ ਹੈ ਜਿਸ ਦਾ ਸਿਮਰਨ ਕਰਨ ਨਾਲ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕਦਾ ਹੈ ।੧।

(ਹੇ ਭਾਈ!) ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਦਾ ਨਾਮ ਹੀ ਜਗਤ ਵਿਚ ਹੈ ਜਿਸ ਨੂੰ (ਜੇਹੜਾ ਮਨੁੱਖ) ਜਪਦਾ ਹੈ (ਉਹ) ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ । ਹੋਰ ਕਿਸੇ ਤਰ੍ਹਾਂ ਦੇ ਭੀ ਕੋਈ ਕਰਮ ਉਸ (ਨਾਮ) ਦੇ ਬਰਾਬਰ ਨਹੀਂ ਹਨ—ਬੇਦ (ਭੀ) ਇਹ ਜੁਗਤਿ ਦੱਸਦਾ ਹੈ ।੨।

ਹੇ ਨਾਨਕ! (ਆਖ—ਹੇ ਭਾਈ!) ਜਿਸ ਨੂੰ (ਜਗਤ) ਧਰਤੀ ਦਾ ਖਸਮ ਆਖਦਾ ਹੈ ਉਹ ਸੁਖਾਂ ਦੁੱਖਾਂ ਤੋਂ ਵੱਖਰਾ ਰਹਿੰਦਾ ਹੈ, ਉਹ ਸਦਾ (ਮਾਇਆ ਤੋਂ) ਨਿਰਲੇਪ ਰਹਿੰਦਾ ਹੈ । ਉਹ ਤੇਰੇ ਅੰਦਰ ਭੀ ਇਕ-ਰਸ ਵੱਸ ਰਿਹਾ ਹੈ, ਜਿਵੇਂ ਸ਼ੀਸ਼ੇ (ਵਿਚ ਅਕਸ ਵੱਸਦਾ ਹੈ । ਉਸ ਦਾ ਸਦਾ ਸਿਮਰਨ ਕਰਨਾ ਚਾਹੀਦਾ ਹੈ) ।੩।੫।

ਸੋਰਠਿ ਮਹਲਾ ੯ ॥ ਮਾਈ ਮੈ ਕਿਹਿ ਬਿਧਿ ਲਖਉ ਗੁਸਾਈ ॥ ਮਹਾ ਮੋਹ ਅਗਿਆਨਿ ਤਿਮਰਿ ਮੋ ਮਨੁ ਰਹਿਓ ਉਰਝਾਈ ॥੧॥ ਰਹਾਉ ॥ ਸਗਲ ਜਨਮ ਭਰਮ ਹੀ ਭਰਮ ਖੋਇਓ ਨਹ ਅਸਥਿਰੁ ਮਤਿ ਪਾਈ ॥ ਬਿਖਿਆਸਕਤ ਰਹਿਓ ਨਿਸ ਬਾਸੁਰ ਨਹ ਛੂਟੀ ਅਧਮਾਈ ॥੧॥ ਸਾਧਸੰਗੁ ਕਬਹੂ ਨਹੀ ਕੀਨਾ ਨਹ ਕੀਰਤਿ ਪ੍ਰਭ ਗਾਈ ॥ ਜਨ ਨਾਨਕ ਮੈ ਨਾਹਿ ਕੋਊ ਗੁਨੁ ਰਾਖਿ ਲੇਹੁ ਸਰਨਾਈ ॥੨॥੬॥ {ਪੰਨਾ 632}

ਪਦਅਰਥ:- ਮਾਈ—ਹੇ ਮਾਂ! ਕਿਹਿ ਬਿਧਿ—ਕਿਸ ਤਰ੍ਹਾਂ? ਲਖਉ—ਲਖਉਂ, ਮੈਂ ਪਛਾਣਾਂ । ਅਗਿਆਨੀ—ਅਗਿਆਨ ਵਿਚ । ਤਿਮਰਿ—ਹਨੇਰੇ ਵਿਚ । ਮੋ ਮਨੁ—ਮੇਰਾ ਮਨ ।੧।

ਭ੍ਰਮ ਹੀ—ਭ੍ਰਮਿ ਹੀ {ਲਫ਼ਜ਼ 'ਭ੍ਰਮਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} ਭਟਕਣਾ ਵਿਚ ਹੀ । ਖੋਇਓ—ਗਵਾ ਲਿਆ ਹੈ । ਅਸਥਿਰੁ—ਅਡੋਲ ਰਹਿਣ ਵਾਲੀ । ਬਿਖਿਆਸਕਤ—{ਬਿਖਿਆ—ਆਸਤਕ । ਆਸਕੁ} ਮਾਇਆ ਵਿਚ ਲੰਪਟ । ਨਿਸ—ਰਾਤ । ਬਾਸੁਰ—ਦਿਨ । ਅਧਮਾਈ—ਨੀਚਤਾ ।੧।

ਸੰਗੁ—ਸਾਥ, ਮੇਲ-ਮਿਲਾਪ, ਸੰਗਤਿ । ਕੀਰਤਿ—ਸਿਫ਼ਤਿ-ਸਾਲਾਹ । ਪ੍ਰਭ—ਪ੍ਰਭੂ ਦੀ ।੨।

ਅਰਥ:- ਹੇ ਮਾਂ! ਧਰਤੀ ਦੇ ਖਸਮ-ਪ੍ਰਭੂ ਨੂੰ ਮੈਂ ਕਿਸ ਤਰ੍ਹਾਂ ਪਛਾਣਾਂ? ਮੇਰਾ ਮਨ (ਤਾਂ) ਵੱਡੇ ਮੋਹ ਦੀ

ਅਗਿਆਨਤਾ ਵਿਚ, ਮੋਹ ਦੇ ਹਨੇਰੇ ਵਿਚ (ਸਦਾ) ਫਸਿਆ (ਅਜੇ ਤਕ ਅਜੇਹੀ) ਮਤਿ ਨਹੀਂ ਹਾਸਲ ਕੀਤੀ (ਜੋ ਮੈਨੂੰ) ਅਡੋਲ ਰੱਖ ਸਕੇ । ਦਿਨ ਰਾਤ ਮੈਂ ਮਾਇਆ ਵਿਚ ਹੀ ਲੰਪਟ ਰਹਿੰਦਾ ਹਾਂ । ਮੇਰੀ ਇਹ ਨੀਚਤਾ ਮੁੱਕਣ ਵਿਚ ਨਹੀਂ ਆਉਂਦੀ ।੧।

ਹੇ ਮਾਂ! ਮੈਂ ਕਦੇ ਗੁਰਮੁਖਾਂ ਦੀ ਸੰਗਤਿ ਨਹੀਂ ਕੀਤੀ, ਮੈਂ ਕਦੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਨਹੀਂ ਗਾਇਆ । ਹੇ ਦਾਸ ਨਾਨਕ! (ਆਖ—ਹੇ ਪ੍ਰਭੂ!) ਮੇਰੇ ਅੰਦਰ ਕੋਈ ਗੁਣ ਨਹੀਂ ਹੈ । ਮੈਨੂੰ ਆਪਣੀ ਸ਼ਰਨ ਵਿਚ ਰੱਖ ।੨।੬।

ਸੋਰਠਿ ਮਹਲਾ ੯ ॥ ਮਾਈ ਮਨੁ ਮੇਰੋ ਬਸਿ ਨਾਹਿ ॥ ਨਿਸ ਬਾਸੁਰ ਬਿਖਿਅਨ ਕਉ ਧਾਵਤ ਕਿਹਿ ਬਿਧਿ ਰੋਕਉ ਤਾਹਿ ॥੧॥ ਰਹਾਉ ॥ ਬੇਦ ਪੁਰਾਨ ਸਿਮ੍ਰਿਤਿ ਕੇ ਮਤ ਸੁਨਿ ਨਿਮਖ ਨ ਹੀਏ ਬਸਾਵੈ ॥ ਪਰ ਧਨ ਪਰ ਦਾਰਾ ਸਿਉ ਰਚਿਓ ਬਿਰਥਾ ਜਨਮੁ ਸਿਰਾਵੈ ॥੧॥ ਮਦਿ ਮਾਇਆ ਕੈ ਭਇਓ ਬਾਵਰੋ ਸੂਝਤ ਨਹ ਕਛੁ ਗਿਆਨਾ ॥ ਘਟ ਹੀ ਭੀਤਰਿ ਬਸਤ ਨਿਰੰਜਨੁ ਤਾ ਕੋ ਮਰਮੁ ਨ ਜਾਨਾ ॥੨॥ ਜਬ ਹੀ ਸਰਨਿ ਸਾਧ ਕੀ ਆਇਓ ਦੁਰਮਤਿ ਸਗਲ ਬਿਨਾਸੀ ॥ ਤਬ ਨਾਨਕ ਚੇਤਿਓ ਚਿੰਤਾਮਨਿ ਕਾਟੀ ਜਮ ਕੀ ਫਾਸੀ ॥੩॥੭॥ {ਪੰਨਾ 632}

ਪਦਅਰਥ:- ਮਾਈ—ਹੇ ਮਾਂ! ਮੇਰੋ—ਮੇਰਾ । ਬਸਿ—ਵੱਸ ਵਿਚ । ਨਿਸ—ਰਾਤ । ਬਾਸੁਰ—ਦਿਨ । ਬਿਖਿਅਨ ਕਉ—ਵਿਸ਼ਿਆਂ ਦੀ ਖ਼ਾਤਰ, ਪਦਾਰਥਾਂ ਦੀ ਖ਼ਾਤਰ । ਧਾਵਤ—ਦੌੜਦਾ ਹੈ । ਕਿਹਿ ਬਿਧਿ—ਕਿਸ ਤਰੀਕੇ ਨਾਲ? ਰੋਕਉ—ਰੋਕਉਂ, ਮੈਂ ਰੋਕਾਂ । ਤਾਹਿ—ਉਸ ਨੂੰ ।੧।ਰਹਾਉ।

ਕੇ—ਦਾ । ਮਤ—ਉਪਦੇਸ਼, ਖ਼ਿਆਲ । ਨਿਮਖ—ਅੱਖ ਝਮਕਣ ਜਿਤਨਾ ਸਮਾਂ । ਹੀਏ—ਹਿਰਦੇ ਵਿਚ । ਦਾਰਾ—ਇਸਤ੍ਰੀ । ਸਿਉ—ਨਾਲ । ਸਿਰਾਵੈ—ਗੁਜ਼ਾਰਦਾ ਹੈ ।੧।

ਮਦਿ—ਨਸ਼ੇ ਵਿਚ । ਬਾਵਰੋ—ਕਮਲਾ, ਝੱਲਾ । ਗਿਆਨਾ—ਆਤਮਕ ਜੀਵਨ ਦੀ ਸਮਝ । ਭੀਤਰਿ—ਵਿਚ । ਮਰਮੁ—ਭੇਦ । ਕੋ—ਦਾ ।੨।

ਸਾਧ—ਗੁਰੂ । ਦੁਰਮਤਿ—ਭੈੜੀ ਮਤਿ । ਸਗਲ—ਸਾਰੀ । ਚਿੰਤਾਮਨਿ—ਚਿਤਵਨੀ ਪੂਰੀ ਕਰਨ ਵਾਲੀ ਮਣੀ, ਪਰਮਾਤਮਾ । ਫਾਸੀ—ਫਾਹੀ ।੩।

ਅਰਥ:- ਹੇ ਮਾਂ! ਮੇਰਾ ਮਨ ਮੇਰੇ ਕਾਬੂ ਵਿਚ ਨਹੀਂ । ਰਾਤ ਦਿਨ ਪਦਾਰਥਾਂ ਦੀ ਖ਼ਾਤਰ ਦੌੜਦਾ ਫਿਰਦਾ ਹੈ । ਮੈਂ ਇਸ ਨੂੰ ਕਿਸ ਤਰੀਕੇ ਨਾਲ ਰੋਕਾਂ? ।੧।ਰਹਾਉ।

ਇਹ ਜੀਵ ਵੇਦਾਂ ਪੁਰਾਣਾਂ ਸਿੰਮ੍ਰਿਤੀਆਂ ਦਾ ਉਪਦੇਸ਼ ਸੁਣ ਕੇ (ਭੀ) ਰਤਾ ਭਰ ਸਮੇ ਲਈ ਭੀ (ਉਸ ਉਪਦੇਸ਼ ਨੂੰ ਆਪਣੇ) ਹਿਰਦੇ ਵਿਚ ਨਹੀਂ ਵਸਾਂਦਾ । ਪਰਾਏ ਧਨ, ਪਰਾਈ ਇਸਤ੍ਰੀ ਦੇ ਮੋਹ ਵਿਚ ਮਸਤ ਰਹਿੰਦਾ ਹੈ, (ਇਸ ਤਰ੍ਹਾਂ ਆਪਣਾ) ਜਨਮ ਵਿਅਰਥ ਗੁਜ਼ਾਰਦਾ ਹੈ ।੧।

ਜੀਵ ਮਾਇਆ ਦੇ ਨਸ਼ੇ ਵਿਚ ਝੱਲਾ ਹੋ ਰਿਹਾ ਹੈ, ਆਤਮਕ ਜੀਵਨ ਬਾਰੇ ਇਸ ਨੂੰ ਕੋਈ ਸੂਝ ਨਹੀਂ ਪੈਂਦੀ । ਮਾਇਆ ਤੋਂ ਨਿਰਲੇਪ ਪ੍ਰਭੂ ਇਸ ਦੇ ਹਿਰਦੇ ਵਿਚ ਹੀ ਵੱਸਦਾ ਹੈ, ਪਰ ਉਸ ਦਾ ਭੇਦ ਇਹ ਜੀਵ ਨਹੀਂ ਸਮਝਦਾ ।੨।

ਜਦੋਂ ਜੀਵ ਗੁਰੂ ਦੀ ਸ਼ਰਨ ਪੈਂਦਾ ਹੈ, ਤਦੋਂ ਇਸ ਦੀ ਸਾਰੀ ਕੋਝੀ ਮਤਿ ਨਾਸ ਹੋ ਜਾਂਦੀ ਹੈ । ਤਦੋਂ, ਹੇ ਨਾਨਕ!

ਇਹ ਸਾਰੀਆਂ ਮਨੋ-ਕਾਮਨਾ ਪੂਰੀਆਂ ਕਰਨ ਵਾਲੇ ਪਰਮਾਤਮਾ ਨੂੰ ਸਿਮਰਦਾ ਹੈ; ਤੇ, ਇਸ ਦੀ ਜਮ ਦੀ ਫਾਹੀ (ਭੀ) ਕੱਟੀ ਜਾਂਦੀ ਹੈ ।੩।੭।

ਸੋਰਠਿ ਮਹਲਾ ੯ ॥ ਰੇ ਨਰ ਇਹ ਸਾਚੀ ਜੀਅ ਧਾਰਿ ॥ ਸਗਲ ਜਗਤੁ ਹੈ ਜੈਸੇ ਸੁਪਨਾ ਬਿਨਸਤ ਲਗਤ ਨ ਬਾਰ ॥੧॥ ਰਹਾਉ ॥ ਬਾਰੂ ਭੀਤਿ ਬਨਾਈ ਰਚਿ ਪਚਿ ਰਹਤ ਨਹੀ ਦਿਨ ਚਾਰਿ ॥ ਤੈਸੇ ਹੀ ਇਹ ਸੁਖ ਮਾਇਆ ਕੇ ਉਰਝਿਓ ਕਹਾ ਗਵਾਰ ॥੧॥ ਅਜਹੂ ਸਮਝਿ ਕਛੁ ਬਿਗਰਿਓ ਨਾਹਿਨਿ ਭਜਿ ਲੇ ਨਾਮੁ ਮੁਰਾਰਿ ॥ ਕਹੁ ਨਾਨਕ ਨਿਜ ਮਤੁ ਸਾਧਨ ਕਉ ਭਾਖਿਓ ਤੋਹਿ ਪੁਕਾਰਿ ॥੨॥੮॥ {ਪੰਨਾ 633}

ਪਦਅਰਥ:- ਸਾਚੀ, ਅਟੱਲ, ਸਦਾ ਕਾਇਮ ਰਹਿਣ ਵਾਲੀ । ਜੀਅ—ਦਿਲ ਵਿਚ । ਧਾਰਿ—ਟਿਕਾ ਲੈ । ਸਗਲ—ਸਾਰਾ । ਬਿਨਸਤ—ਨਾਸ ਹੁੰਦਿਆਂ । ਬਾਰ—ਚਿਰ, ਦੇਰ ।੧।ਰਹਾਉ।

ਬਾਰੂ—ਰੇਤ । ਭੀਤਿ—ਕੰਧ । ਰਚਿ—ਰਚ ਕੇ, ਉਸਾਰ ਕੇ । ਪਚਿ—ਪੋਚ ਕੇ । ਉਰਝਿਓ—ਮਸਤ ਹੋਇਆ । ਕਹਾ—ਕਿਉਂ? ਗਵਾਰ—ਹੇ ਮੂਰਖ! ।੧।

ਅਜਹੂ—ਅੱਜ ਹੀ, ਹੁਣ ਹੀ । ਨਾਹਿਨਿ—ਨਹੀਂ । ਮੁਰਾਰਿ—{ਮੁਰ-ਅਰਿ} ਪਰਮਾਤਮਾ । ਕਹੁ—ਆਖ । ਨਿਜ—ਆਪਣਾ । ਮਤੁ—ਖ਼ਿਆਲ । ਕੋ—ਦਾ । ਤੋਹਿ—ਤੈਨੂੰ । ਪੁਕਾਰਿ—ਪੁਕਾਰ ਕੇ ।੨।

ਅਰਥ:- ਹੇ ਮਨੁੱਖ! ਆਪਣੇ ਦਿਲ ਵਿਚ ਇਹ ਪੱਕੀ ਗੱਲ ਟਿਕਾ ਲੈ, (ਕਿ) ਸਾਰਾ ਸੰਸਾਰ ਸੁਪਨੇ ਵਰਗਾ ਹੈ, (ਇਸ ਦੇ) ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ।੧।ਰਹਾਉ।

ਹੇ ਭਾਈ! (ਜਿਵੇਂ ਕਿਸੇ ਨੇ) ਰੇਤ ਦੀ ਕੰਧ ਉਸਾਰ ਕੇ ਪੋਚ ਕੇ ਤਿਆਰ ਕੀਤੀ ਹੋਵੇ; ਪਰ ਉਹ ਕੰਧ ਚਾਰ ਦਿਨ ਭੀ (ਟਿਕੀ) ਨਹੀਂ ਰਹਿੰਦੀ । ਇਸ ਮਾਇਆ ਦੇ ਸੁਖ ਭੀ ਉਸ (ਰੇਤ ਦੀ ਕੰਧ) ਵਰਗੇ ਹੀ ਹਨ । ਹੇ ਮੂਰਖ! ਤੂੰ ਇਹਨਾਂ ਸੁਖਾਂ ਵਿਚ ਕਿਉਂ ਮਸਤ ਹੋ ਰਿਹਾ ਹੈਂ? ।੧।

ਹੇ ਭਾਈ! ਅਜੇ ਭੀ ਸਮਝ ਜਾ (ਅਜੇ) ਕੁਝ ਵਿਗੜਿਆ ਨਹੀਂ; ਤੇ ਪਰਮਾਤਮਾ ਦਾ ਨਾਮ ਸਿਮਰਿਆ ਕਰ । ਹੇ ਨਾਨਕ! ਆਖ—(ਹੇ ਭਾਈ!) ਮੈਂ ਤੈਨੂੰ ਗੁਰਮੁਖਾਂ ਦਾ ਇਹ ਨਿਜੀ ਖ਼ਿਆਲ ਪੁਕਾਰ ਕੇ ਸੁਣਾ ਰਿਹਾ ਹਾਂ ।੨।੮।

ਸੋਰਠਿ ਮਹਲਾ ੯ ॥ ਇਹ ਜਗਿ ਮੀਤੁ ਨ ਦੇਖਿਓ ਕੋਈ ॥ ਸਗਲ ਜਗਤੁ ਅਪਨੈ ਸੁਖਿ ਲਾਗਿਓ ਦੁਖ ਮੈ ਸੰਗਿ ਨ ਹੋਈ ॥੧॥ ਰਹਾਉ ॥ ਦਾਰਾ ਮੀਤ ਪੂਤ ਸਨਬੰਧੀ ਸਗਰੇ ਧਨ ਸਿਉ ਲਾਗੇ ॥ ਜਬ ਹੀ ਨਿਰਧਨ ਦੇਖਿਓ ਨਰ ਕਉ ਸੰਗੁ ਛਾਡਿ ਸਭ ਭਾਗੇ ॥੧॥ ਕਹਂਉ ਕਹਾ ਯਿਆ ਮਨ ਬਉਰੇ ਕਉ ਇਨ ਸਿਉ ਨੇਹੁ ਲਗਾਇਓ ॥ ਦੀਨਾ ਨਾਥ ਸਕਲ ਭੈ ਭੰਜਨ ਜਸੁ ਤਾ ਕੋ ਬਿਸਰਾਇਓ ॥੨॥ ਸੁਆਨ ਪੂਛ ਜਿਉ ਭਇਓ ਨ ਸੂਧਉ ਬਹੁਤੁ ਜਤਨੁ ਮੈ ਕੀਨਉ ॥ ਨਾਨਕ ਲਾਜ ਬਿਰਦ ਕੀ ਰਾਖਹੁ ਨਾਮੁ ਤੁਹਾਰਉ ਲੀਨਉ ॥੩॥੯॥ {ਪੰਨਾ 633}

ਪਦਅਰਥ:- ਜਗਿ—ਜਗਤ ਵਿਚ । ਸੁਖਿ—ਸੁਖ ਵਿਚ । ਸੰਗਿ—ਨਾਲ ।੧।ਰਹਾਉ।

ਦਾਰਾ—ਇਸਤ੍ਰੀ । ਸਨਬੰਧੀ—ਰਿਸ਼ਤੇਦਾਰ । ਸਗਰੇ—ਸਾਰੇ । ਸਿਉ—ਨਾਲ । ਨਿਰਧਨ—ਕੰਗਾਲ । ਕਉ—

ਨੂੰ । ਸੰਗੁ—ਸਾਥ । ਛਾਡਿ—ਛੱਡ ਕੇ । ਸਭਿ—ਸਾਰੇ ।੧।

ਕਹੰਉ ਕਹਾ—ਮੈਂ ਕੀਹ ਆਖਾਂ? ਯਿਆ ਮਨ ਕਉ—ਇਸ ਮਨ ਨੂੰ । ਦੀਨਾ ਨਾਥ—ਗਰੀਬਾਂ ਦਾ ਖਸਮ । ਸਕਲ—ਸਾਰੇ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਭੈ ਭੰਜਨ—ਡਰਾਂ ਦਾ ਨਾਸ ਕਰਨ ਵਾਲਾ । ਤਾ ਕੋ—ਉਸ ਦਾ ।੨।

ਸੁਆਨ ਪੂਛ—ਕੁੱਤੇ ਦੀ ਪੂਛਲ । ਸੁਧਉ—ਸਿੱਧੀ । ਮੈ ਕੀਨਉ—ਮੈਂ ਕੀਤਾ ਹੈ । ਬਿਰਦ—ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ । ਲੀਨਉ—ਮੈਂ ਲੈ ਸਕਦਾ ਹਾਂ ।੩।

ਅਰਥ:- ਹੇ ਭਾਈ! ਇਸ ਜਗਤ ਵਿਚ ਕੋਈ (ਤੋੜ ਸਾਥ ਨਿਬਾਹੁਣ ਵਾਲਾ) ਮਿੱਤਰ (ਮੈਂ) ਨਹੀਂ ਵੇਖਿਆ । ਸਾਰਾ ਸੰਸਾਰ ਆਪਣੇ ਸੁਖ ਵਿਚ ਹੀ ਜੁੱਟਾ ਪਿਆ ਹੈ । ਦੁੱਖ ਵਿਚ (ਕੋਈ ਕਿਸੇ ਦੇ) ਨਾਲ (ਸਾਥੀ) ਨਹੀਂ ਬਣਦਾ ।੧।ਰਹਾਉ।

ਹੇ ਭਾਈ! ਇਸਤ੍ਰੀ, ਮਿੱਤਰ, ਪੁੱਤਰ, ਰਿਸ਼ਤੇਦਾਰ—ਇਹ ਸਾਰੇ ਧਨ ਨਾਲ (ਹੀ) ਪਿਆਰ ਕਰਦੇ ਹਨ । ਜਦੋਂ ਹੀ ਇਹਨਾਂ ਨੇ ਮਨੁੱਖ ਨੂੰ ਕੰਗਾਲ ਵੇਖਿਆ, (ਤਦੋਂ) ਸਾਥ ਛੱਡ ਕੇ ਨੱਸ ਜਾਂਦੇ ਹਨ ।੧।

ਹੇ ਭਾਈ! ਮੈਂ ਇਸ ਝੱਲੇ ਮਨ ਨੂੰ ਕੀਹ ਸਮਝਾਵਾਂ? (ਇਸ ਨੇ) ਇਹਨਾਂ (ਕੱਚੇ ਸਾਥੀਆਂ) ਨਾਲ ਪਿਆਰ ਪਾਇਆ ਹੋਇਆ ਹੈ । (ਜੇਹੜਾ ਪਰਮਾਤਮਾ) ਗਰੀਬਾਂ ਦਾ ਰਾਖਾ ਤੇ ਸਾਰੇ ਡਰ ਨਾਸ ਕਰਨ ਵਾਲਾ ਹੈ ਉਸ ਦੀ ਸਿਫ਼ਤਿ-ਸਾਲਾਹ (ਇਸ ਨੇ) ਭੁਲਾਈ ਹੋਈ ਹੈ ।੨।

ਹੇ ਭਾਈ! ਜਿਵੇਂ ਕੁੱਤੇ ਦੀ ਪੂਛਲ ਸਿੱਧੀ ਨਹੀਂ ਹੁੰਦੀ (ਇਸੇ ਤਰ੍ਹਾਂ ਇਸ ਮਨ ਦੀ ਪਰਮਾਤਮਾ ਦੀ ਯਾਦ ਵਲੋਂ ਲਾ-ਪਰਵਾਹੀ ਹਟਦੀ ਨਹੀਂ) ਮੈਂ ਬਹੁਤ ਜਤਨ ਕੀਤਾ ਹੈ । ਹੇ ਨਾਨਕ! (ਆਖ—ਹੇ ਪ੍ਰਭੂ! ਆਪਣੇ) ਮੁੱਢ-ਕਦੀਮਾਂ ਦੇ (ਪਿਆਰ ਵਾਲੇ) ਸੁਭਾਵ ਦੀ ਲਾਜ ਰੱਖ (ਮੇਰੀ ਮਦਦ ਕਰ, ਤਾਂ ਹੀ) ਮੈਂ ਤੇਰਾ ਨਾਮ ਜਪ ਸਕਦਾ ਹਾਂ ।੩।੯।

ਸੋਰਠਿ ਮਹਲਾ ੯ ॥ ਮਨ ਰੇ ਗਹਿਓ ਨ ਗੁਰ ਉਪਦੇਸੁ ॥ ਕਹਾ ਭਇਓ ਜਉ ਮੂਡੁ ਮੁਡਾਇਓ ਭਗਵਉ ਕੀਨੋ ਭੇਸੁ ॥੧॥ ਰਹਾਉ ॥ ਸਾਚ ਛਾਡਿ ਕੈ ਝੂਠਹ ਲਾਗਿਓ ਜਨਮੁ ਅਕਾਰਥੁ ਖੋਇਓ ॥ ਕਰਿ ਪਰਪੰਚ ਉਦਰ ਨਿਜ ਪੋਖਿਓ ਪਸੁ ਕੀ ਨਿਆਈ ਸੋਇਓ ॥੧॥ ਰਾਮ ਭਜਨ ਕੀ ਗਤਿ ਨਹੀ ਜਾਨੀ ਮਾਇਆ ਹਾਥਿ ਬਿਕਾਨਾ ॥ ਉਰਝਿ ਰਹਿਓ ਬਿਖਿਅਨ ਸੰਗਿ ਬਉਰਾ ਨਾਮੁ ਰਤਨੁ ਬਿਸਰਾਨਾ ॥੨॥ ਰਹਿਓ ਅਚੇਤੁ ਨ ਚੇਤਿਓ ਗੋਬਿੰਦ ਬਿਰਥਾ ਅਉਧ ਸਿਰਾਨੀ ॥ ਕਹੁ ਨਾਨਕ ਹਰਿ ਬਿਰਦੁ ਪਛਾਨਉ ਭੂਲੇ ਸਦਾ ਪਰਾਨੀ ॥੩॥੧੦॥ {ਪੰਨਾ 633}

ਪਦਅਰਥ:- ਗਹਿਓ—ਫੜਿਆ, ਗ੍ਰਹਿਣ ਕੀਤਾ । ਕਹਾ ਭਇਓ—ਕੀਹ ਹੋਇਆ? ਮੂਡੁ—ਸਿਰ । ਭੇਸੁ—ਭੇਖ ।੧।ਰਹਾਉ।

ਸਾਚ—ਸਦਾ-ਥਿਰ ਹਰਿ-ਨਾਮ । ਝੂਠਹ—ਨਾਸਵੰਤ (ਪਦਾਰਥਾਂ) ਵਿਚ । ਅਕਾਰਥੁ—ਵਿਅਰਥ । ਪਰਪੰਚ—ਪਖੰਡ, ਛਲ । ਉਦਰ ਨਿਜ—ਆਪਣਾ ਪੇਟ । ਪੋਖਿਓ—ਪਾਲਿਆ । ਪਸੁ ਕੀ ਨਿਆਈ—ਪਸ਼ੂਆਂ ਵਾਂਗ ।੧।

ਗਤਿ—ਜੁਗਤਿ । ਹਾਥਿ—ਹੱਥ ਵਿਚ । ਉਰਝਿ ਰਹਿਓ—ਮਗਨ ਰਿਹਾ । ਬਿਖਿਅਨ ਸੰਗਿ—ਮਾਇਕ ਪਦਾਰਥਾਂ ਨਾਲ ।੨।

ਅਚੇਤੁ—ਗ਼ਾਫ਼ਿਲ, ਅਵੇਸਲਾ । ਅਉਧ—ਉਮਰ । ਸਿਰਾਨੀ—ਗੁਜ਼ਾਰ ਦਿੱਤੀ । ਹਰਿ—ਹੇ ਹਰੀ! ਬਿਰਦੁ—ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ । ਪਰਾਨੀ—ਜੀਵ ।੩।

ਅਰਥ:- ਹੇ ਮਨ! ਤੂੰ ਗੁਰੂ ਦੀ ਸਿੱਖਿਆ ਗ੍ਰਹਿਣ ਨਹੀਂ ਕਰਦਾ । (ਹੇ ਭਾਈ! ਗੁਰੂ ਦਾ ਉਪਦੇਸ਼ ਭੁਲਾ ਕੇ) ਜੇ ਸਿਰ ਭੀ ਮੁਨਾ ਲਿਆ, ਤੇ, ਭਗਵੇ ਰੰਗ ਦੇ ਕੱਪੜੇ ਪਾ ਲਏ, ਤਾਂ ਭੀ ਕੀਹ ਬਣਿਆ? (ਆਤਮਕ ਜੀਵਨ ਦਾ ਕੁਝ ਭੀ ਨਾਹ ਸੌਰਿਆ) ।੧।ਰਹਾਉ।

(ਹੇ ਭਾਈ! ਭਗਵਾ ਭੇਖ ਤਾਂ ਧਾਰ ਲਿਆ, ਪਰ) ਸਦਾ-ਥਿਰ ਪ੍ਰਭੂ ਦਾ ਨਾਮ ਛੱਡ ਕੇ ਨਾਸਵੰਤ ਪਦਾਰਥਾਂ ਵਿਚ ਹੀ ਸੁਰਤਿ ਜੋੜੀ ਰੱਖੀ, (ਲੋਕਾਂ ਨਾਲ) ਛਲ ਕਰ ਕੇ ਆਪਣਾ ਪੇਟ ਪਾਲਦਾ ਰਿਹਾ, ਤੇ, ਪਸ਼ੂਆਂ ਵਾਂਗ ਸੁੱਤਾ ਰਿਹਾ ।੧।

ਹੇ ਭਾਈ! (ਗ਼ਾਫ਼ਿਲ ਮਨੁੱਖ) ਪਰਮਾਤਮਾ ਦੇ ਭਜਨ ਦੀ ਜੁਗਤਿ ਨਹੀਂ ਸਮਝਦਾ, ਮਾਇਆ ਦੇ ਹੱਥ ਵਿਚ ਵਿਕਿਆ ਰਹਿੰਦਾ ਹੈ । ਕਮਲਾ ਮਨੁੱਖ ਮਾਇਕ ਪਦਾਰਥਾਂ (ਦੇ ਮੋਹ) ਵਿਚ ਮਗਨ ਰਹਿੰਦਾ ਹੈ, ਤੇ, ਪ੍ਰਭੂ ਦੇ (ਸ੍ਰੇਸ਼ਟ) ਰਤਨ-ਨਾਮ ਨੂੰ ਭੁਲਾਈ ਰੱਖਦਾ ਹੈ ।੨।

(ਮਨੁੱਖ ਮਾਇਆ ਵਿਚ ਫਸ ਕੇ) ਅਵੇਸਲਾ ਹੋਇਆ ਰਹਿੰਦਾ ਹੈ, ਪਰਮਾਤਮਾ ਨੂੰ ਯਾਦ ਨਹੀਂ ਕਰਦਾ, ਸਾਰੀ ਉਮਰ ਵਿਅਰਥ ਗੁਜ਼ਾਰ ਲੈਂਦਾ ਹੈ । ਹੇ ਨਾਨਕ! ਆਖ—ਹੇ ਹਰੀ! ਤੂੰ ਆਪਣੇ ਮੁੱਢ-ਕਦੀਮਾਂ ਦੇ (ਪਿਆਰ ਵਾਲੇ) ਸੁਭਾਵ ਨੂੰ ਚੇਤੇ ਰੱਖ । ਇਹ ਜੀਵ ਤਾਂ ਸਦਾ ਭੁੱਲੇ ਹੀ ਰਹਿੰਦੇ ਹਨ ।੩।੧੦।

ਸੋਰਠਿ ਮਹਲਾ ੯ ॥ ਜੋ ਨਰੁ ਦੁਖ ਮੈ ਦੁਖੁ ਨਹੀ ਮਾਨੈ ॥ ਸੁਖ ਸਨੇਹੁ ਅਰੁ ਭੈ ਨਹੀ ਜਾ ਕੈ ਕੰਚਨ ਮਾਟੀ ਮਾਨੈ ॥੧॥ ਰਹਾਉ ॥ ਨਹ ਨਿੰਦਿਆ ਨਹ ਉਸਤਤਿ ਜਾ ਕੈ ਲੋਭੁ ਮੋਹੁ ਅਭਿਮਾਨਾ ॥ ਹਰਖ ਸੋਗ ਤੇ ਰਹੈ ਨਿਆਰਉ ਨਾਹਿ ਮਾਨ ਅਪਮਾਨਾ ॥੧॥ ਆਸਾ ਮਨਸਾ ਸਗਲ ਤਿਆਗੈ ਜਗ ਤੇ ਰਹੈ ਨਿਰਾਸਾ ॥ ਕਾਮੁ ਕ੍ਰੋਧੁ ਜਿਹ ਪਰਸੈ ਨਾਹਨਿ ਤਿਹ ਘਟਿ ਬ੍ਰਹਮੁ ਨਿਵਾਸਾ ॥੨॥ ਗੁਰ ਕਿਰਪਾ ਜਿਹ ਨਰ ਕਉ ਕੀਨੀ ਤਿਹ ਇਹ ਜੁਗਤਿ ਪਛਾਨੀ ॥ ਨਾਨਕ ਲੀਨ ਭਇਓ ਗੋਬਿੰਦ ਸਿਉ ਜਿਉ ਪਾਨੀ ਸੰਗਿ ਪਾਨੀ ॥੩॥੧੧॥ {ਪੰਨਾ 633}

ਪਦਅਰਥ:- ਦੁਖ ਮੈ—ਦੁੱਖਾਂ ਵਿਚ (ਘਿਰਿਆ ਹੋਇਆ ਭੀ) । ਨਹੀ ਮਾਨੈ—ਨਹੀਂ ਪ੍ਰਤੀਤ ਕਰਦਾ, ਨਹੀਂ ਘਬਰਾਂਦਾ । ਸੁਖ ਸਨੇਹੁ—ਸੁਖਾਂ ਦਾ ਮੋਹ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਜਾ ਕੈ—ਜਿਸ ਦੇ ਮਨ ਵਿਚ । ਕੰਚਨ—ਸੋਨਾ ।੧।ਰਹਾਉ।

ਨਿੰਦਿਆ—ਚੁਗ਼ਲੀ-ਬੁਰਾਈ । ਉਸਤਤਿ—ਖ਼ੁਸ਼ਾਮਦ । ਹਰਖ ਸੋਗ ਤੇ—ਖ਼ੁਸ਼ੀ ਗ਼ਮੀ ਤੋਂ । ਮਾਨ—ਆਦਰ । ਅਪਮਾਨਾ—ਨਿਰਾਦਰੀ ।੧।

ਮਨਸਾ—{mnl-w} ਮਨੋਕਾਮਨਾ । ਤੇ—ਤੋਂ । ਪਰਸੈ—ਛੁੰਹਦਾ । ਤਿਹ ਘਟਿ—ਉਸ ਦੇ ਹਿਰਦੇ ਵਿਚ । ਬ੍ਰਹਮੁ ਨਿਵਾਸਾ—ਪਰਮਾਤਮਾ ਦਾ ਨਿਵਾਸ ।੨।

ਗੁਰ—ਗੁਰੂ ਨੇ । ਜਿਹ ਨਰ ਕਉ—ਜਿਸ ਮਨੁੱਖ ਉਤੇ । ਤਿਹ—ਉਸ ਨੇ । ਸਿਉ—ਨਾਲ, ਵਿਚ । ਸੰਗਿ—ਨਾਲ ।੩।

ਅਰਥ:- ਹੇ ਭਾਈ! ਜੇਹੜਾ ਮਨੁੱਖ ਦੁੱਖਾਂ ਵਿਚ ਘਬਰਾਂਦਾ ਨਹੀਂ, ਜਿਸ ਮਨੁੱਖ ਦੇ ਹਿਰਦੇ ਵਿਚ ਸੁਖਾਂ ਨਾਲ ਮੋਹ

ਨਹੀਂ, ਅਤੇ (ਕਿਸੇ ਕਿਸਮ ਦੇ) ਡਰ ਨਹੀਂ, ਜੇਹੜਾ ਮਨੁੱਖ ਸੋਨੇ ਨੂੰ ਮਿੱਟੀ (ਸਮਾਨ) ਸਮਝਦਾ ਹੈ (ਉਸ ਦੇ ਅੰਦਰ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ) ।੧।ਰਹਾਉ।

ਹੇ ਭਾਈ! ਜਿਸ ਮਨੁੱਖ ਦੇ ਅੰਦਰ ਕਿਸੇ ਦੀ ਚੁਗ਼ਲੀ-ਬੁਰਾਈ ਨਹੀਂ, ਕਿਸੇ ਦੀ ਖ਼ੁਸ਼ਾਮਦ ਨਹੀਂ, ਜਿਸ ਦੇ ਅੰਦਰ ਨਾਹ ਲੋਭ ਹੈ, ਨਾਹ ਮੋਹ ਹੈ, ਨਾਹ ਅਹੰਕਾਰ ਹੈ; ਜੇਹੜਾ ਮਨੁੱਖ ਖ਼ੁਸ਼ੀ ਤੇ ਗ਼ਮੀ ਤੋਂ ਨਿਰਲੇਪ ਰਹਿੰਦਾ ਹੈ, ਜਿਸ ਨੂੰ ਨਾਹ ਆਦਰ ਪੋਹ ਸਕਦਾ ਹੈ ਨਾਹ ਨਿਰਾਦਰੀ (ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ) ।੧।

ਹੇ ਭਾਈ! ਜੇਹੜਾ ਮਨੁੱਖਾਂ ਆਸਾਂ ਉਮੈਦਾਂ ਸਭ ਤਿਆਗ ਦੇਂਦਾ ਹੈ, ਜਗਤ ਤੋਂ ਨਿਰਮੋਹ ਰਹਿੰਦਾ ਹੈ, ਜਿਸ ਮਨੁੱਖ ਨੂੰ ਨਾਹ ਕਾਮ-ਵਾਸਨਾ ਛੋਹ ਸਕਦੀ ਹੈ ਨਾਹ ਕ੍ਰੋਧ ਛੋਹ ਸਕਦਾ ਹੈ, ਉਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ ।੨।

(ਪਰ) ਹੇ ਨਾਨਕ! (ਆਖ—) ਜਿਸ ਮਨੁੱਖ ਉੱਤੇ ਗੁਰੂ ਨੇ ਮੇਹਰ ਕੀਤੀ ਉਸ ਨੇ (ਹੀ ਜੀਵਨ ਦੀ) ਇਹ ਜਾਚ ਸਮਝੀ ਹੈ । ਉਹ ਮਨੁੱਖ ਪਰਮਾਤਮਾ ਨਾਲ ਇਉਂ ਇਕ-ਮਿਕ ਹੋ ਜਾਂਦਾ ਹੈ, ਜਿਵੇਂ ਪਾਣੀ ਨਾਲ ਪਾਣੀ ਮਿਲ ਜਾਂਦਾ ਹੈ ।੩।੧੧।

ਸੋਰਠਿ ਮਹਲਾ ੯ ॥ ਪ੍ਰੀਤਮ ਜਾਨਿ ਲੇਹੁ ਮਨ ਮਾਹੀ ॥ ਅਪਨੇ ਸੁਖ ਸਿਉ ਹੀ ਜਗੁ ਫਾਂਧਿਓ ਕੋ ਕਾਹੂ ਕੋ ਨਾਹੀ ॥੧॥ ਰਹਾਉ ॥ ਸੁਖ ਮੈ ਆਨਿ ਬਹੁਤੁ ਮਿਲਿ ਬੈਠਤ ਰਹਤ ਚਹੂ ਦਿਸਿ ਘੇਰੈ ॥ ਬਿਪਤਿ ਪਰੀ ਸਭ ਹੀ ਸੰਗੁ ਛਾਡਿਤ ਕੋਊ ਨ ਆਵਤ ਨੇਰੈ ॥੧॥ ਘਰ ਕੀ ਨਾਰਿ ਬਹੁਤੁ ਹਿਤੁ ਜਾ ਸਿਉ ਸਦਾ ਰਹਤ ਸੰਗ ਲਾਗੀ ॥ ਜਬ ਹੀ ਹੰਸ ਤਜੀ ਇਹ ਕਾਂਇਆ ਪ੍ਰੇਤ ਪ੍ਰੇਤ ਕਰਿ ਭਾਗੀ ॥੨॥ ਇਹ ਬਿਧਿ ਕੋ ਬਿਉਹਾਰੁ ਬਨਿਓ ਹੈ ਜਾ ਸਿਉ ਨੇਹੁ ਲਗਾਇਓ ॥ ਅੰਤ ਬਾਰ ਨਾਨਕ ਬਿਨੁ ਹਰਿ ਜੀ ਕੋਊ ਕਾਮਿ ਨ ਆਇਓ ॥੩॥੧੨॥੧੩੯॥ {ਪੰਨਾ 634}

ਪਦਅਰਥ:- ਪ੍ਰੀਤਮ—ਹੇ ਸੱਜਣ! ਮਾਹੀ—ਵਿਚ । ਸਿਉ—ਨਾਲ । ਫਾਂਧਿਓ—ਬੱਝਾ ਹੋਇਆ ਹੈ । ਕੋ—ਕੋਈ ਮਨੁੱਖ । ਕਾਹੂ ਕੋ—ਕਿਸੇ ਦਾ ।੧।ਰਹਾਉ।

ਆਨਿ—ਆ ਕੇ । ਮਿਲਿ—ਮਿਲ ਕੇ । ਚਹੂ ਦਿਸਿ—ਚੌਹੀਂ ਪਾਸੀਂ । ਰਹਤ ਘੇਰੈ—ਘੇਰੀ ਰੱਖਦੇ ਹਨ । ਸੰਗੁ—ਸਾਥ । ਕੋਊ—ਕੋਈ ਭੀ ।੧।

ਨਾਰਿ—ਇਸਤ੍ਰੀ । ਹਿਤੁ—ਪਿਆਰ । ਜਾ ਸਿਉ—ਜਿਸ ਨਾਲ । ਸੰਗਿ—ਨਾਲ {ਲਫ਼ਜ਼ 'ਸੰਗੁ' ਅਤੇ 'ਸੰਗਿ' ਦਾ ਫ਼ਰਕ ਚੇਤੇ ਰੱਖਣਾ} । ਹੰਸ—ਜੀਵਾਤਮਾ । ਕਾਂਇਆ—ਸਰੀਰ । ਪ੍ਰੇਤ—ਗੁਜ਼ਰ ਚੁਕਾ, ਮਰ ਚੁਕਾ । ਕਰਿ—ਆਖ ਕੇ ।੨।

ਇਹ ਬਿਧਿ ਕੋ—ਇਸ ਤਰ੍ਹਾਂ । ਬਿਉਹਾਰੁ—ਵਰਤਾਰਾ । ਅੰਤ ਬਾਰ—ਅਖ਼ੀਰਲੇ ਸਮੇ । ਕਾਮਿ—ਕੰਮ ਵਿਚ ।੩।

ਅਰਥ:- ਹੇ ਮਿੱਤਰ! (ਆਪਣੇ) ਮਨ ਵਿਚ (ਇਹ ਗੱਲ) ਪੱਕੀ ਕਰ ਕੇ ਸਮਝ ਲੈ, (ਕਿ) ਸਾਰਾ ਸੰਸਾਰ ਆਪਣੇ ਸੁਖ ਨਾਲ ਹੀ ਬੱਝਾ ਹੋਇਆ ਹੈ । ਕੋਈ ਭੀ ਕਿਸੇ ਦਾ (ਤੋੜ ਨਿਭਣ ਵਾਲਾ ਸਾਥੀ) ਨਹੀਂ (ਬਣਦਾ) ।੧।ਰਹਾਉ।

ਹੇ ਮਿੱਤਰ! (ਜਦੋਂ ਮਨੁੱਖ)! ਸੁਖ ਵਿਚ (ਹੁੰਦਾ ਹੈ, ਤਦੋਂ) ਕਈ ਯਾਰ ਦੋਸਤ ਮਿਲ ਕੇ (ਉਸ ਪਾਸ) ਬੈਠਦੇ ਹਨ, ਤੇ, (ਉਸ ਨੂੰ) ਚੌਹੀਂ ਪਾਸੀਂ ਘੇਰੀ ਰੱਖਦੇ ਹਨ । (ਪਰ ਜਦੋਂ ਉਸ ਨੂੰ ਕੋਈ) ਮੁਸੀਬਤ ਪੈਂਦੀ ਹੈ, ਸਾਰੇ ਹੀ ਸਾਥ ਛੱਡ ਜਾਂਦੇ ਹਨ, (ਫਿਰ) ਕੋਈ ਭੀ (ਉਸ ਦੇ) ਨੇੜੇ ਨਹੀਂ ਢੁਕਦਾ ।੧।

ਹੇ ਮਿੱਤਰ! ਘਰ ਦੀ ਇਸਤ੍ਰੀ (ਭੀ), ਜਿਸ ਨਾਲ ਬੜਾ ਪਿਆਰ ਹੁੰਦਾ ਹੈ, ਜੇਹੜੀ ਸਦਾ (ਖਸਮ ਦੇ) ਨਾਲ ਲੱਗੀ ਰਹਿੰਦੀ ਹੈ, ਜਿਸ ਹੀ ਵੇਲੇ (ਪਤੀ ਦਾ) ਜੀਵਾਤਮਾ ਇਸ ਸਰੀਰ ਨੂੰ ਛੱਡ ਦੇਂਦਾ ਹੈ, (ਇਸਤ੍ਰੀ ਉਸ ਤੋਂ ਇਹ ਆਖ ਕੇ) ਪਰੇ ਹਟ ਜਾਂਦੀ ਹੈ ਕਿ ਇਹ ਮਰ ਚੁਕਾ ਹੈ ਮਰ ਚੁਕਾ ਹੈ ।੨।

ਹੇ ਨਾਨਕ! (ਆਖ—ਹੇ ਮਿੱਤਰ! ਦੁਨੀਆ ਦਾ) ਇਸ ਤਰ੍ਹਾਂ ਦਾ ਵਰਤਾਰਾ ਬਣਿਆ ਹੋਇਆ ਹੈ ਜਿਸ ਨਾਲ (ਮਨੁੱਖ ਨੇ) ਪਿਆਰ ਪਾਇਆ ਹੋਇਆ ਹੈ । (ਪਰ, ਹੇ ਮਿੱਤਰ! ਅਖ਼ੀਰਲੇ ਸਮੇ ਪਰਮਾਤਮਾ ਤੋਂ ਬਿਨਾ ਹੋਰ ਕੋਈ ਭੀ (ਮਨੁੱਖ ਦੀ) ਮਦਦ ਨਹੀਂ ਕਰ ਸਕਦਾ ।੩।੧੨।੧੩੯।

ਨੋਟ—ਸਾਰੇ ਸ਼ਬਦਾਂ ਦਾ ਵੇਰਵਾ ਇਉਂ ਹੈ:–

ਸੋਰਠਿ ਮਹਲਾ ੧ — ੧੨
ਮਹਲਾ ੩ — ੧੨
ਮਹਲਾ ੪ — ੯
ਮਹਲਾ ੫ — ੯੪
ਮਹਲਾ ੯ — ੧੨
. . . . . . ———
. ਕੁਲ ਜੋੜ . . ੧੩੯

ਸੋਰਠਿ ਮਹਲਾ ੧ ਘਰੁ ੧ ਅਸਟਪਦੀਆ ਚਉਤੁਕੀ ੴ ਸਤਿਗੁਰ ਪ੍ਰਸਾਦਿ ॥ ਦੁਬਿਧਾ ਨ ਪੜਉ ਹਰਿ ਬਿਨੁ ਹੋਰੁ ਨ ਪੂਜਉ ਮੜੈ ਮਸਾਣਿ ਨ ਜਾਈ ॥ ਤ੍ਰਿਸਨਾ ਰਾਚਿ ਨ ਪਰ ਘਰਿ ਜਾਵਾ ਤ੍ਰਿਸਨਾ ਨਾਮਿ ਬੁਝਾਈ ॥ ਘਰ ਭੀਤਰਿ ਘਰੁ ਗੁਰੂ ਦਿਖਾਇਆ ਸਹਜਿ ਰਤੇ ਮਨ ਭਾਈ ॥ ਤੂ ਆਪੇ ਦਾਨਾ ਆਪੇ ਬੀਨਾ ਤੂ ਦੇਵਹਿ ਮਤਿ ਸਾਈ ॥੧॥ ਮਨੁ ਬੈਰਾਗਿ ਰਤਉ ਬੈਰਾਗੀ ਸਬਦਿ ਮਨੁ ਬੇਧਿਆ ਮੇਰੀ ਮਾਈ ॥ ਅੰਤਰਿ ਜੋਤਿ ਨਿਰੰਤਰਿ ਬਾਣੀ ਸਾਚੇ ਸਾਹਿਬ ਸਿਉ ਲਿਵ ਲਾਈ ॥ ਰਹਾਉ ॥ ਅਸੰਖ ਬੈਰਾਗੀ ਕਹਹਿ ਬੈਰਾਗ ਸੋ ਬੈਰਾਗੀ ਜਿ ਖਸਮੈ ਭਾਵੈ ॥ ਹਿਰਦੈ ਸਬਦਿ ਸਦਾ ਭੈ ਰਚਿਆ ਗੁਰ ਕੀ ਕਾਰ ਕਮਾਵੈ ॥ ਏਕੋ ਚੇਤੈ ਮਨੂਆ ਨ ਡੋਲੈ ਧਾਵਤੁ ਵਰਜਿ ਰਹਾਵੈ ॥ ਸਹਜੇ ਮਾਤਾ ਸਦਾ ਰੰਗਿ ਰਾਤਾ ਸਾਚੇ ਕੇ ਗੁਣ ਗਾਵੈ ॥੨॥ ਮਨੂਆ ਪਉਣੁ ਬਿੰਦੁ ਸੁਖਵਾਸੀ ਨਾਮਿ ਵਸੈ ਸੁਖ ਭਾਈ ॥ ਜਿਹਬਾ ਨੇਤ੍ਰ ਸੋਤ੍ਰ ਸਚਿ ਰਾਤੇ ਜਲਿ ਬੂਝੀ ਤੁਝਹਿ ਬੁਝਾਈ ॥ ਆਸ ਨਿਰਾਸ ਰਹੈ ਬੈਰਾਗੀ ਨਿਜ ਘਰਿ ਤਾੜੀ ਲਾਈ ॥ ਭਿਖਿਆ ਨਾਮਿ ਰਜੇ ਸੰਤੋਖੀ ਅੰਮ੍ਰਿਤੁ ਸਹਜਿ ਪੀਆਈ ॥੩॥ ਦੁਬਿਧਾ ਵਿਚਿ ਬੈਰਾਗੁ ਨ ਹੋਵੀ ਜਬ ਲਗੁ ਦੂਜੀ ਰਾਈ ॥ ਸਭੁ ਜਗੁ ਤੇਰਾ ਤੂ ਏਕੋ ਦਾਤਾ ਅਵਰੁ ਨ ਦੂਜਾ ਭਾਈ ॥ ਮਨਮੁਖਿ ਜੰਤ ਦੁਖਿ ਸਦਾ ਨਿਵਾਸੀ ਗੁਰਮੁਖਿ ਦੇ ਵਡਿਆਈ ॥ ਅਪਰ ਅਪਾਰ ਅਗੰਮ ਅਗੋਚਰ ਕਹਣੈ ਕੀਮ ਨ ਪਾਈ ॥੪॥ ਸੁੰਨ ਸਮਾਧਿ ਮਹਾ ਪਰਮਾਰਥੁ ਤੀਨਿ ਭਵਣ ਪਤਿ ਨਾਮੰ ॥ ਮਸਤਕਿ

ਲੇਖੁ ਜੀਆ ਜਗਿ ਜੋਨੀ ਸਿਰਿ ਸਿਰਿ ਲੇਖੁ ਸਹਾਮੰ ॥ ਕਰਮ ਸੁਕਰਮ ਕਰਾਏ ਆਪੇ ਆਪੇ ਭਗਤਿ ਦ੍ਰਿੜਾਮੰ ॥ ਮਨਿ ਮੁਖਿ ਜੂਠਿ ਲਹੈ ਭੈ ਮਾਨੰ ਆਪੇ ਗਿਆਨੁ ਅਗਾਮੰ ॥੫॥ ਜਿਨ ਚਾਖਿਆ ਸੇਈ ਸਾਦੁ ਜਾਣਨਿ ਜਿਉ ਗੁੰਗੇ ਮਿਠਿਆਈ ॥ ਅਕਥੈ ਕਾ ਕਿਆ ਕਥੀਐ ਭਾਈ ਚਾਲਉ ਸਦਾ ਰਜਾਈ ॥ ਗੁਰੁ ਦਾਤਾ ਮੇਲੇ ਤਾ ਮਤਿ ਹੋਵੈ ਨਿਗੁਰੇ ਮਤਿ ਨ ਕਾਈ ॥ ਜਿਉ ਚਲਾਏ ਤਿਉ ਚਾਲਹ ਭਾਈ ਹੋਰ ਕਿਆ ਕੋ ਕਰੇ ਚਤੁਰਾਈ ॥੬॥ ਇਕਿ ਭਰਮਿ ਭੁਲਾਏ ਇਕਿ ਭਗਤੀ ਰਾਤੇ ਤੇਰਾ ਖੇਲੁ ਅਪਾਰਾ ॥ ਜਿਤੁ ਤੁਧੁ ਲਾਏ ਤੇਹਾ ਫਲੁ ਪਾਇਆ ਤੂ ਹੁਕਮਿ ਚਲਾਵਣਹਾਰਾ ॥ ਸੇਵਾ ਕਰੀ ਜੇ ਕਿਛੁ ਹੋਵੈ ਅਪਣਾ ਜੀਉ ਪਿੰਡੁ ਤੁਮਾਰਾ ॥ ਸਤਿਗੁਰਿ ਮਿਲਿਐ ਕਿਰਪਾ ਕੀਨੀ ਅੰਮ੍ਰਿਤ ਨਾਮੁ ਅਧਾਰਾ ॥੭॥ ਗਗਨੰਤਰਿ ਵਾਸਿਆ ਗੁਣ ਪਰਗਾਸਿਆ ਗੁਣ ਮਹਿ ਗਿਆਨ ਧਿਆਨੰ ॥ ਨਾਮੁ ਮਨਿ ਭਾਵੈ ਕਹੈ ਕਹਾਵੈ ਤਤੋ ਤਤੁ ਵਖਾਨੰ ॥ ਸਬਦੁ ਗੁਰ ਪੀਰਾ ਗਹਿਰ ਗੰਭੀਰਾ ਬਿਨੁ ਸਬਦੈ ਜਗੁ ਬਉਰਾਨੰ ॥ ਪੂਰਾ ਬੈਰਾਗੀ ਸਹਜਿ ਸੁਭਾਗੀ ਸਚੁ ਨਾਨਕ ਮਨੁ ਮਾਨੰ ॥੮॥੧॥ {ਪੰਨਾ 634-635}

ਪਦਅਰਥ:- ਦੁਬਿਧਾ—ਦੁ-ਪਾਸਾ-ਪਨ, ਪਰਮਾਤਮਾ ਤੋਂ ਬਿਨਾ ਹੋਰ ਆਸਰੇ ਦੀ ਭਾਲ । ਨ ਪੜਉ—ਮੈਂ ਨਹੀਂ ਪੈਂਦਾ । ਨ ਪੂਜਉ—ਮੈਂ ਨਹੀਂ ਪੂਜਦਾ । ਮੜੈ—ਸਮਾਧ, ਕਬਰ । ਮਸਾਣਿ—ਸ਼ਮਸ਼ਾਨ, ਜਿੱਥੇ ਮੁਰਦੇ ਫੂਕੀਦੇ ਹਨ । ਨ ਜਾਈ—ਮੈਂ ਨਹੀਂ ਜਾਂਦਾ । ਰਾਚਿ—ਫਸ ਕੇ । ਪਰ ਘਰਿ—ਪਰਾਏ ਘਰ ਵਿਚ, ਪਰਮਾਤਮਾ ਤੋਂ ਬਿਨਾ ਕਿਸੇ ਹੋਰ ਘਰ ਵਿਚ । ਨਾਮਿ—ਨਾਮ ਨੇ । ਬੁਝਾਈ—ਬੁਝਾ ਦਿੱਤੀ ਹੈ । ਭੀਤਰਿ—ਅੰਦਰ । ਘਰੁ—ਪਰਮਾਤਮਾ ਦਾ ਨਿਵਾਸ । ਸਹਜਿ—ਅਡੋਲ ਅਵਸਥਾ ਵਿਚ । ਮਨ—ਮਨ ਨੂੰ । ਭਾਈ—ਪਸੰਦ ਆ ਗਈ ਹੈ । ਦਾਨਾ—ਜਾਣਨ ਵਾਲਾ । ਬੀਨਾ—ਪਛਾਣਨ ਵਾਲਾ । ਸਾਈ—ਹੇ ਸਾਈਂ! ।੧।

ਬੈਰਾਗਿ—ਵੈਰਾਗ ਵਿਚ, ਵਿਛੋੜੇ ਦੇ ਅਹਿਸਾਸ ਵਿਚ, ਬਿਰਹੋਂ ਵਿਚ । ਰਤਉ—ਰੰਗਿਆ ਹੋਇਆ । ਬੈਰਾਗੀ—ਤਿਆਗੀ । ਬੇਧਿਆ—ਵਿੱਝਿਆ ਹੋਇਆ । ਨਿਰੰਤਰਿ—ਵਿੱਥ ਤੋਂ ਬਿਨਾ, ਇੱਕ-ਰਸ ।ਰਹਾਉ।

ਅਸੰਖ—ਬੇਅੰਤ । ਬੈਰਾਗ—ਵੈਰਾਗ ਦੀਆਂ ਗੱਲਾਂ । ਭੈ—ਪਰਮਾਤਮਾ ਦੇ ਡਰ-ਅਦਬ ਵਿਚ । ਧਾਵਤੁ—ਮਾਇਆ ਵਲ ਦੌੜਦੇ ਨੂੰ । ਰਹਾਵੈ—ਕਾਬੂ ਰੱਖਦਾ ਹੈ । ਸਹਜੇ—ਸਹਿਜ ਵਿਚ ।੨।

ਪਉਣੁ—ਹਵਾ (ਵਾਂਗ ਚੰਚਲ) । ਬਿੰਦੁ—ਰਤਾ ਭਰ ਭੀ । ਸੋਤ੍ਰ—ਇੰਦ੍ਰੇ । ਜਲਿ—ਜਲਨ, ਤ੍ਰਿਸ਼ਨਾ-ਅੱਗ । ਭਾਈ—ਹੇ ਭਾਈ! ।੩।

ਦੂਜੀ—ਕੋਈ ਹੋਰ ਝਾਕ । ਰਾਈ—ਰਤਾ ਭੀ । ਦੁਖਿ—ਦੁੱਖ ਵਿਚ । ਦੇ—ਦੇਂਦਾ ਹੈ । ਅਗੋਚਰ—ਅ-ਗੋਚਰ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ । ਕੀਮ—ਕੀਮਤ । ਕਹਣੈ—ਕਹਿਣ ਨਾਲ ।੪।

ਸੁੰਨ—ਸੁੰਞ, ਜਿਥੇ ਫੁਰਨਿਆਂ ਵਲੋਂ ਸੁੰਞ ਹੈ, ਅਫੁਰ ਅਵਸਥਾ । ਸੁੰਨ ਸਮਾਧਿ—ਉਹ ਜੇਹੜਾ ਸਦਾ ਅਫੁਰ ਆਤਮਕ ਅਵਸਥਾ ਵਿਚ ਟਿਕਿਆ ਰਹਿੰਦਾ ਹੈ, ਜਿਸ ਉਤੇ ਮਾਇਆ ਵਾਲੇ ਫੁਰਨੇ ਜ਼ੋਰ ਨਹੀਂ ਪਾਂਦੇ । ਪਰਮਾਰਥੁ—ਪਰਮ ਅਰਥ, ਸਭ ਤੋਂ ਉੱਚਾ ਸ੍ਰੇਸ਼ਟ ਧਨ । ਪਤਿ—ਮਾਲਕ । ਮਸਤਕਿ—ਮੱਥੇ ਉਤੇ । ਜਗਿ—ਜਗਤ ਵਿਚ । ਸਿਰਿ ਸਿਰਿ—ਹਰੇਕ ਦੇ ਸਿਰ ਉਤੇ, ਹਰੇਕ ਜੀਵ ਆਪੋ ਆਪਣੇ ਸਿਰ ਉਤੇ । ਸਹਾਮੰ—ਸਹਾਰਦਾ ਹੈ । ਕਰਮ—ਕੰਮ । ਸੁਕਰਮ—ਚੰਗੇ ਕੰਮ । ਦ੍ਰਿੜਾਮੰ—(ਹਿਰਦੇ ਵਿਚ) ਪੱਕੇ ਤੌਰ ਤੇ ਟਿਕਾਂਦਾ ਹੈ । ਮਨਿ—ਮਨ ਵਿਚ । ਮੁਖਿ—ਮੂੰਹ ਵਿਚ । ਜੂਠਿ—ਮੈਲ । ਭੈ—ਡਰ ਵਿਚ । ਅਗਾਮੰ—ਅਗੰਮ ਪ੍ਰਭੂ ।੫।

ਅਕਥ—ਜਿਸ ਦਾ ਸਰੂਪ ਬਿਆਨ ਨ ਕੀਤਾ ਜਾ ਸਕੇ । ਭਾਈ—ਹੇ ਭਾਈ! ਚਾਲਉ—ਮੈਂ ਚੱਲਦਾ ਹਾਂ । ਦਾਤਾ—ਦਾਤਾਰ ਪ੍ਰਭੂ । ਚਾਲਹ—ਅਸੀ (ਜੀਵ) ਚੱਲਦੇ ਹਾਂ ।੬।

ਇਕਿ—{ਲਫ਼ਜ਼ 'ਇਕਿ' ਤੋਂ ਬਹੁ-ਵਚਨ} ਅਨੇਕਾਂ ਜੀਵ । ਭਰਮਿ—ਭਟਕਣਾ ਵਿਚ । ਰਾਤੇ—ਰੰਗੇ ਹੋਏ । ਜਿਤੁ—ਜਿਸ ਵਿਚ, ਜਿਸ ਪਾਸੇ, ਜਿਸ ਕੰਮ ਵਿਚ । ਹੁਕਮਿ—ਹੁਕਮ ਵਿਚ । ਕਰੀ—ਮੈਂ ਕਰਾਂ । ਜੀਉ—ਜਿੰਦ । ਪਿੰਡੁ—ਸਰੀਰ । ਸਤਿਗੁਰਿ ਮਿਲਿਐ—ਜੇ ਸਤਿਗੁਰ ਮਿਲ ਪਏ ।੭।

ਗਗਨ—ਆਕਾਸ਼, ਚਿਤ-ਆਕਾਸ਼, ਦਸਮ ਦੁਆਰਾ, ਦਿਮਾਗ਼, ਆਤਮਕ ਮੰਡਲ । ਗਗਨੰਤਰਿ—ਗਗਨ ਅੰਤਰਿ, ਆਤਮਕ ਮੰਡਲ ਵਿਚ, ਉੱਚੇ ਆਤਮਕ ਟਿਕਾਣੇ ਵਿਚ । ਮਹਿ—ਵਿਚ । ਗਿਆਨ—ਡੂੰਘੀ ਸਾਂਝ । ਧਿਆਨੰ—ਸੁਰਤਿ ਦਾ ਟਿਕਾਉ । ਗਹਿਰ ਗੰਭੀਰਾ—ਡੂੰਘੇ ਜਿਗਰੇ ਵਾਲਾ । ਤਤੋ ਤਤੁ—ਤੱਤ ਹੀ ਤੱਤ, ਜਗਤ ਦੇ ਮੂਲ-ਪ੍ਰਭੂ ਨੂੰ ਹੀ । ਬਉਰਾਨੰ—ਕਮਲਾ, ਝੱਲਾ । ਸਹਜਿ—ਸਹਜ ਅਵਸਥਾ ਵਿਚ, ਅਡੋਲ ਆਤਮਕ ਅਵਸਥਾ ਵਿਚ । ਸਚੁ—ਸਦਾ-ਥਿਰ ਪ੍ਰਭੂ ।੮।

ਅਰਥ:- ਹੇ ਮੇਰੀ ਮਾਂ! ਮੇਰਾ ਮਨ ਗੁਰੂ ਦੇ ਸ਼ਬਦ ਵਿਚ ਵਿੱਝ ਗਿਆ ਹੈ (ਪ੍ਰੋਤਾ ਗਿਆ ਹੈ । ਸ਼ਬਦ ਦੀ ਬਰਕਤਿ ਨਾਲ ਮੇਰੇ ਅੰਦਰ ਪਰਮਾਤਮਾ ਤੋਂ ਵਿਛੋੜੇ ਦਾ ਅਹਿਸਾਸ ਪੈਦਾ ਹੋ ਗਿਆ ਹੈ) । ਉਹੀ ਮਨੁੱਖ (ਅਸਲ) ਤਿਆਗੀ ਹੈ ਜਿਸ ਦਾ ਮਨ ਪਰਮਾਤਮਾ ਦੇ ਬਿਰਹੋਂ-ਰੰਗ ਵਿਚ ਰੰਗਿਆ ਗਿਆ ਹੈ । ਉਸ (ਬੈਰਾਗੀ) ਦੇ ਅੰਦਰ ਪ੍ਰਭੂ ਦੀ ਜੋਤਿ ਜਗ ਪੈਂਦੀ ਹੈ, ਉਹ ਇਕ-ਰਸ ਸਿਫ਼ਤਿ-ਸਾਲਾਹ ਦੀ ਬਾਣੀ ਵਿਚ (ਮਸਤ ਰਹਿੰਦਾ ਹੈ), ਸਦਾ ਕਾਇਮ ਰਹਿਣ ਵਾਸਤੇ ਮਾਲਕ-ਪ੍ਰਭੂ (ਦੇ ਚਰਨਾਂ ਵਿਚ) ਉਸ ਦੀ ਸੁਰਤਿ ਜੁੜੀ ਰਹਿੰਦੀ ਹੈ ।੧।ਰਹਾਉ।

ਮੈਂ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਭਾਲ ਵਿਚ ਨਹੀਂ ਪੈਂਦਾ, ਮੈਂ ਪ੍ਰਭੂ ਤੋਂ ਬਿਨਾ ਕਿਸੇ ਹੋਰ ਨੂੰ ਨਹੀਂ ਪੂਜਦਾ, ਮੈਂ ਕਿਤੇ ਸਮਾਧਾਂ ਤੇ ਮਸਾਣਾਂ ਵਿਚ ਭੀ ਨਹੀਂ ਜਾਂਦਾ । ਮਾਇਆ ਦੀ ਤ੍ਰਿਸ਼ਨਾ ਵਿਚ ਫਸ ਕੇ ਮੈਂ (ਪਰਮਾਤਮਾ ਦੇ ਦਰ ਤੋਂ ਬਿਨਾ) ਕਿਸੇ ਹੋਰ ਘਰ ਵਿਚ ਨਹੀਂ ਜਾਂਦਾ, ਮੇਰੀ ਮਾਇਕ ਤ੍ਰਿਸ਼ਨਾ ਪਰਮਾਤਮਾ ਦੇ ਨਾਮ ਨੇ ਮਿਟਾ ਦਿੱਤੀ ਹੈ । ਗੁਰੂ ਨੇ ਮੈਨੂੰ ਮੇਰੇ ਹਿਰਦੇ ਵਿਚ ਹੀ ਪਰਮਾਤਮਾ ਦਾ ਨਿਵਾਸ-ਅਸਥਾਨ ਵਿਖਾ ਦਿੱਤਾ ਹੈ, ਅਤੇ ਅਡੋਲ ਅਵਸਥਾ ਵਿਚ ਰੱਤੇ ਹੋਏ ਮੇਰੇ ਮਨ ਨੂੰ ਉਹ ਸਹਿਜ-ਅਵਸਥਾ ਚੰਗੀ ਲੱਗ ਰਹੀ ਹੈ ।

ਹੇ ਮੇਰੇ ਸਾਈਂ! (ਇਹ ਸਭ ਤੇਰੀ ਹੀ ਮੇਹਰ ਹੈ) ਤੂੰ ਆਪ ਹੀ (ਮੇਰੇ ਦਿਲ ਦੀ) ਜਾਣਨ-ਵਾਲਾ ਹੈਂ; ਆਪ ਹੀ ਪਛਾਣਨ ਵਾਲਾ ਹੈਂ, ਤੂੰ ਆਪ ਹੀ ਮੈਨੂੰ (ਚੰਗੀ) ਮਤਿ ਦੇਂਦਾ ਹੈਂ (ਜਿਸ ਕਰਕੇ ਤੇਰਾ ਦਰ ਛੱਡ ਕੇ ਹੋਰ ਪਾਸੇ ਨਹੀਂ ਭਟਕਦਾ) ।੧।

ਅਨੇਕਾਂ ਹੀ ਵੈਰਾਗੀ ਵੈਰਾਗ ਦੀਆਂ ਗੱਲਾਂ ਕਰਦੇ ਹਨ, ਪਰ ਅਸਲ ਵੈਰਾਗ ਉਹ ਹੈ ਜੋ (ਪਰਮਾਤਮਾ ਦੇ ਬਿਰਹੋਂ-ਰੰਗ ਵਿਚ ਇਤਨਾ ਰੰਗਿਆ ਹੋਇਆ ਹੈ ਕਿ ਉਹ) ਖਸਮ-ਪ੍ਰਭੂ ਨੂੰ ਪਿਆਰਾ ਲੱਗਦਾ ਹੈ, ਉਹ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਹਿਰਦੇ ਵਿਚ (ਪਰਮਾਤਮਾ ਦੀ ਯਾਦ ਨੂੰ ਵਸਾਂਦਾ ਹੈ ਤੇ) ਸਦਾ ਪਰਮਾਤਮਾ ਦੇ ਡਰ-ਅਦਬ ਵਿਚ ਮਸਤ (ਰਹਿ ਕੇ) ਗੁਰੂ ਦੀ ਦੱਸੀ ਹੋਈ ਕਾਰ ਕਰਦਾ ਹੈ । ਉਹ ਬੈਰਾਗੀ ਸਿਰਫ਼ ਪਰਮਾਤਮਾ ਨੂੰ ਚੇਤਦਾ ਹੈ (ਜਿਸ ਕਰਕੇ ਉਸ ਦਾ) ਮਨ (ਮਾਇਆ ਵਾਲੇ ਪਾਸੇ) ਨਹੀਂ ਡੋਲਦਾ, ਉਹ ਬੈਰਾਗੀ (ਮਾਇਆ ਵਲ) ਦੌੜਦੇ ਮਨ ਨੂੰ ਰੋਕ ਕੇ (ਪ੍ਰਭੂ-ਚਰਨਾਂ ਵਿਚ) ਜੋੜੀ ਰੱਖਦਾ ਹੈ । ਅਡੋਲ ਅਵਸਥਾ ਵਿਚ ਮਸਤ ਉਹ ਬੈਰਾਗੀ ਸਦਾ (ਪ੍ਰਭੂ ਦੇ ਨਾਮ-) ਰੰਗ ਵਿਚ ਰੰਗਿਆ ਰਹਿੰਦਾ ਹੈ, ਤੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ।੨।

ਹੇ ਭਾਈ! (ਜਿਸ ਮਨੁੱਖ ਦਾ) ਚੰਚਲ ਮਨ ਰਤਾ ਭਰ ਭੀ ਆਤਮਕ ਆਨੰਦ ਵਿਚ ਨਿਵਾਸ ਦੇਣ ਵਾਲੇ ਨਾਮ ਵਿਚ ਵੱਸਦਾ ਹੈ (ਉਹ ਮਨੁੱਖ ਅਸਲ ਬੈਰਾਗੀ ਹੈ, ਤੇ ਉਹ ਬੈਰਾਗੀ) ਆਤਮਕ ਆਨੰਦ (ਮਾਣਦਾ ਹੈ) । ਹੇ ਪ੍ਰਭੂ! ਤੂੰ ਆਪ (ਉਸ ਬੈਰਾਗੀ ਨੂੰ ਜੀਵਨ ਦੇ ਸਹੀ ਰਸਤੇ ਦੀ) ਸਮਝ ਦਿੱਤੀ ਹੈ, (ਜਿਸ ਦੀ ਬਰਕਤਿ ਨਾਲ ਉਸ ਦੀ

ਤ੍ਰਿਸ਼ਨਾ-) ਅੱਗ ਬੁਝ ਗਈ ਹੈ, ਤੇ ਉਸ ਦੀ ਜੀਭ ਉਸ ਦੀਆਂ ਅੱਖਾਂ (ਆਦਿਕ) ਇੰਦ੍ਰੇ ਸਦਾ-ਥਿਰ (ਹਰਿ-ਨਾਮ) ਵਿਚ ਰੰਗੇ ਰਹਿੰਦੇ ਹਨ । ਉਹ ਬੈਰਾਗੀ ਦੁਨੀਆ ਦੀਆਂ ਆਸਾਂ ਤੋਂ ਨਿਰਮੋਹ ਹੋ ਕੇ ਜੀਵਨ ਬਿਤੀਤ ਕਰਦਾ ਹੈ, ਉਹ (ਦੁਨੀਆ ਵਾਲੇ ਘਰ-ਘਾਟ ਦੀ ਅਪਣੱਤ ਛੱਡ ਕੇ) ਉਸ ਘਰ ਵਿਚ ਸੁਰਤਿ ਜੋੜੀ ਰੱਖਦਾ ਹੈ ਜੋ ਸਚ ਮੁਚ ਉਸ ਦਾ ਆਪਣਾ ਹੀ ਰਹੇਗਾ । ਅਜੇਹੇ ਬੈਰਾਗੀ (ਗੁਰੂ-ਦਰ ਤੋਂ ਮਿਲੀ) ਨਾਮ-ਭਿੱਛਿਆ ਨਾਲ ਰੱਜੇ ਰਹਿੰਦੇ ਹਨ, ਸੰਤੋਖੀ ਰਹਿੰਦੇ ਹਨ, (ਕਿਉਂਕਿ ਉਹਨਾਂ ਨੂੰ ਗੁਰੂ ਨੇ) ਅਡੋਲ ਆਤਮਕ ਅਵਸਥਾ ਵਿਚ ਟਿਕਾ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪਿਲਾ ਦਿੱਤਾ ਹੈ ।੩।

ਜਦ ਤਕ (ਮਨ ਵਿਚ) ਰਤਾ ਭਰ ਭੀ ਕੋਈ ਹੋਰ ਝਾਕ ਹੈ ਕਿਸੇ ਹੋਰ ਆਸਰੇ ਦੀ ਭਾਲ ਹੈ ਤਦ ਤਕ ਬਿਰਹੋਂ-ਅਵਸਥਾ ਪੈਦਾ ਨਹੀਂ ਹੋ ਸਕਦੀ । (ਪਰ ਹੇ ਪ੍ਰਭੂ! ਇਹ ਬਿਰਹੋਂ ਦੀ) ਦਾਤ ਦੇਣ ਵਾਲਾ ਤੂੰ ਇਕ ਆਪ ਹੀ ਹੈਂ, ਤੈਥੋਂ ਬਿਨਾ ਕੋਈ ਹੋਰ (ਇਹ ਦਾਤਿ) ਦੇਣ ਵਾਲਾ ਨਹੀਂ ਹੈ, ਤੇ ਇਹ ਸਾਰਾ ਜਗਤ ਤੇਰਾ ਆਪਣਾ ਹੀ (ਰਚਿਆ ਹੋਇਆ) ਹੈ ।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਸਦਾ ਦੁੱਖ ਵਿਚ ਟਿਕੇ ਰਹਿੰਦੇ ਹਨ, ਜੇਹੜੇ ਬੰਦੇ ਗੁਰੂ ਦੀ ਸ਼ਰਨ ਪੈਂਦੇ ਹਨ, ਉਹਨਾਂ ਨੂੰ ਪ੍ਰਭੂ (ਨਾਮ ਦੀ ਦਾਤਿ ਦੇ ਕੇ) ਆਦਰ ਮਾਣ ਬਖ਼ਸ਼ਦਾ ਹੈ । ਉਸ ਬੇਅੰਤ ਅਪਹੁੰਚ ਤੇ ਅਗੋਚਰ ਪ੍ਰਭੂ ਦੀ ਕੀਮਤ (ਜੀਵਾਂ ਦੇ) ਬਿਆਨ ਕਰਨ ਨਾਲ ਨਹੀਂ ਦੱਸੀ ਜਾ ਸਕਦੀ (ਉਸਦੇ ਬਰਾਬਰ ਦਾ ਹੋਰ ਕੋਈ ਦੱਸਿਆ ਨਹੀਂ ਜਾ ਸਕਦਾ) ।੪।

ਪਰਮਾਤਮਾ ਇਕ ਐਸੀ ਆਤਮਕ ਅਵਸਥਾ ਦਾ ਮਾਲਕ ਹੈ ਕਿ ਉਸ ਉਤੇ ਮਾਇਆ ਦੇ ਫੁਰਨੇ ਜ਼ੋਰ ਨਹੀਂ ਪਾ ਸਕਦੇ, ਉਹ ਤਿੰਨਾਂ ਹੀ ਭਵਨਾਂ ਦਾ ਮਾਲਕ ਹੈ, ਉਸ ਦਾ ਨਾਮ ਜੀਵਾਂ ਵਾਸਤੇ ਮਹਾਨ ਉੱਚਾ ਸ੍ਰੇਸ਼ਟ ਧਨ ਹੈ । ਜਗਤ ਵਿਚ ਜਿਤਨੇ ਭੀ ਜੀਵ ਜਨਮ ਲੈਂਦੇ ਹਨ ਉਹਨਾਂ ਦੇ ਮੱਥੇ ਉਤੇ (ਉਹਨਾਂ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਪਰਮਾਤਮਾ ਦੀ ਰਜ਼ਾ ਵਿਚ ਹੀ) ਲੇਖ (ਲਿਖਿਆ ਜਾਂਦਾ ਹੈ, ਹਰੇਕ ਜੀਵ ਨੂੰ) ਆਪੋ ਆਪਣੇ ਸਿਰ ਉਤੇ ਲਿਖਿਆ ਲੇਖ ਸਹਿਣਾ ਪੈਂਦਾ ਹੈ । ਪਰਮਾਤਮਾ ਆਪ ਹੀ (ਸਾਧਾਰਨ) ਕੰਮ ਤੇ ਚੰਗੇ ਕੰਮ (ਜੀਵਾਂ ਪਾਸੋਂ) ਕਰਾਂਦਾ ਹੈ, ਆਪ ਹੀ (ਜੀਵਾਂ ਦੇ ਹਿਰਦੇ ਵਿਚ ਆਪਣੀ) ਭਗਤੀ ਦ੍ਰਿੜ੍ਹ ਕਰਦਾ ਹੈ । ਅਪਹੁੰਚ ਪ੍ਰਭੂ ਆਪ ਹੀ (ਜੀਵਾਂ ਨੂੰ ਆਪਣੀ) ਡੂੰਘੀ ਸਾਂਝ ਬਖ਼ਸ਼ਦਾ ਹੈ । (ਸੱਚਾ ਵੈਰਾਗੀ) ਪਰਮਾਤਮਾ ਦੇ ਡਰ-ਅਦਬ ਵਿਚ ਗਿੱਝ ਜਾਂਦਾ ਹੈ, ਉਸ ਦੇ ਮਨ ਵਿਚ ਤੇ ਮੂੰਹ ਵਿਚ (ਪਹਿਲਾਂ ਜੋ ਭੀ ਵਿਕਾਰਾਂ ਦੀ ਨਿੰਦਾ ਆਦਿਕ ਦੀ) ਮੈਲ (ਹੁੰਦੀ ਹੈ ਉਹ) ਦੂਰ ਹੋ ਜਾਂਦੀ ਹੈ ।੫।

ਜਿਨ੍ਹਾਂ ਮਨੁੱਖ ਨੇ (ਪਰਮਾਤਮਾ ਦੇ ਨਾਮ ਦਾ ਰਸ) ਚੱਖਿਆ ਹੈ, (ਉਸ ਦਾ) ਸੁਆਦ ਉਹੀ ਜਾਣਦੇ ਹਨ (ਦੱਸ ਨਹੀਂ ਸਕਦੇ), ਜਿਵੇਂ ਗੁੰਗੇ ਮਨੁੱਖ ਦੀ ਖਾਧੀ ਮਿਠਿਆਈ (ਦਾ ਸੁਆਦ ਗੁੰਗਾ ਆਪ ਹੀ ਜਾਣਦਾ ਹੈ, ਕਿਸੇ ਨੂੰ ਦੱਸ ਨਹੀਂ ਸਕਦਾ) । ਹੇ ਭਾਈ! ਨਾਮ-ਰਸ ਹੈ ਹੀ ਅਕੱਥ, ਬਿਆਨ ਕੀਤਾ ਹੀ ਨਹੀਂ ਜਾ ਸਕਦਾ । (ਮੈਂ ਤਾਂ ਸਦਾ ਇਹੀ ਤਾਂਘ ਰੱਖਦਾ ਹਾਂ ਕਿ) ਮੈਂ ਉਸ ਮਾਲਕ-ਪ੍ਰਭੂ ਦੀ ਰਜ਼ਾ ਵਿਚ ਤੁਰਾਂ । (ਪਰ ਰਜ਼ਾ ਵਿਚ ਤੁਰਨ ਦੀ) ਸੂਝ ਭੀ ਤਦੋਂ ਹੀ ਆਉਂਦੀ ਹੈ ਜੇ ਗੁਰੂ ਉਸ ਦਾਤਾਰ-ਪ੍ਰਭੂ ਨਾਲ ਮਿਲਾ ਦੇਵੇ । ਜੇਹੜਾ ਬੰਦਾ ਗੁਰੂ ਦੀ ਸ਼ਰਨ ਨਹੀਂ ਪਿਆ, ਉਸ ਨੂੰ ਇਹ ਸਮਝ ਰਤਾ ਭੀ ਨਹੀਂ ਆਉਂਦੀ । ਹੇ ਭਾਈ! ਕੋਈ ਆਦਮੀ ਆਪਣੀ ਸਿਆਣਪ ਦਾ ਮਾਣ ਨਹੀਂ ਕਰ ਸਕਦਾ, ਜਿਵੇਂ ਜਿਵੇਂ ਪਰਮਾਤਮਾ ਸਾਨੂੰ ਜੀਵਾਂ ਨੂੰ (ਜੀਵਨ-ਰਾਹ ਉਤੇ) ਤੋਰਦਾ ਹੈ ਤਿਵੇਂ ਤਿਵੇਂ ਹੀ ਅਸੀ ਤੁਰਦੇ ਹਾਂ ।੬।

ਹੇ ਅਪਾਰ ਪ੍ਰਭੂ! ਅਨੇਕਾਂ ਜੀਵ ਭਟਕਣਾ ਵਿਚ (ਪਾ ਕੇ) ਕੁਰਾਹੇ ਪਾਏ ਹੋਏ ਹਨ, ਅਨੇਕਾਂ ਜੀਵ ਤੇਰੀ ਭਗਤੀ (ਦੇ ਰੰਗ) ਵਿਚ ਰੰਗੇ ਹੋਏ ਹਨ—ਇਹ (ਸਭ) ਤੇਰਾ ਖੇਲ (ਰਚਿਆ ਹੋਇਆ) ਹੈ । ਜਿਸ ਪਾਸੇ ਤੂੰ ਜੀਵਾਂ ਨੂੰ

ਲਾਇਆ ਹੋਇਆ ਹੈ ਉਹੋ ਜਿਹਾ ਫਲ ਜੀਵ ਭੋਗ ਰਹੇ ਹਨ । ਤੂੰ (ਸਭ ਜੀਵਾਂ ਨੂੰ) ਆਪਣੇ ਹੁਕਮ ਵਿਚ ਚਲਾਣ ਦੇ ਸਮਰੱਥ ਹੈਂ । (ਮੇਰੇ ਪਾਸ) ਜੇ ਕੋਈ ਚੀਜ਼ ਮੇਰੀ ਆਪਣੀ ਹੋਵੇ ਤਾਂ (ਮੈਂ ਇਹ ਆਖਣ ਦਾ ਫ਼ਖ਼ਰ ਕਰ ਸਕਾਂ ਕਿ) ਮੈਂ ਤੇਰੀ ਸੇਵਾ ਕਰ ਰਿਹਾ ਹਾਂ, ਪਰ ਮੇਰੀ ਇਹ ਜਿੰਦ ਤੇਰੀ ਹੀ ਦਿੱਤੀ ਹੋਈ ਹੈ ਤੇ ਮੇਰਾ ਸਰੀਰ ਭੀ ਤੇਰਾ ਹੀ ਦਿੱਤਾ ਹੋਇਆ ਹੈ । ਜੇ ਗੁਰੂ ਮਿਲ ਪਏ ਤਾਂ ਉਹ ਕਿਰਪਾ ਕਰਦਾ ਹੈ ਤੇ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ ਮੈਨੂੰ (ਜ਼ਿੰਦਗੀ ਦਾ) ਆਸਰਾ ਦੇਂਦਾ ਹੈ ।੭।

ਹੇ ਨਾਨਕ! ਜੋ ਮਨੁੱਖ ਸਦਾ ਉੱਚੇ ਆਤਮਕ ਮੰਡਲ ਵਿਚ ਵੱਸਦਾ ਹੈ (ਸੁਰਤਿ ਟਿਕਾਈ ਰੱਖਦਾ ਹੈ) ਉਸ ਦੇ ਅੰਦਰ ਆਤਮਕ ਗੁਣ ਪਰਗਟ ਹੁੰਦੇ ਹਨ, ਆਤਮਕ ਗੁਣਾਂ ਨਾਲ ਉਹ ਡੂੰਘੀ ਸਾਂਝ ਪਾਈ ਰੱਖਦਾ ਹੈ, ਆਤਮਕ ਗੁਣਾਂ ਵਿਚ ਹੀ ਉਸ ਦੀ ਸੁਰਤਿ ਜੁੜੀ ਰਹਿੰਦੀ ਹੈ (ਉਹੀ ਮਨੁੱਖ ਪੂਰਨ ਤਿਆਗੀ ਹੈ) । ਉਸ ਦੇ ਮਨ ਨੂੰ ਪਰਮਾਤਮਾ ਦਾ ਨਾਮ ਪਿਆਰਾ ਲੱਗਦਾ ਹੈ, ਉਹ (ਆਪ ਨਾਮ) ਸਿਮਰਦਾ ਹੈ (ਹੋਰਨਾਂ ਨੂੰ ਸਿਮਰਨ ਲਈ) ਪ੍ਰੇਰਦਾ ਹੈ । ਉਹ ਸਦਾ ਜਗਤ-ਮੂਲ ਪ੍ਰਭੂ ਦੀ ਹੀ ਸਿਫ਼ਤਿ-ਸਾਲਾਹ ਕਰਦਾ ਹੈ । ਗੁਰੂ ਪੀਰ ਦੇ ਸ਼ਬਦ ਨੂੰ (ਹਿਰਦੇ ਵਿਚ ਟਿਕਾ ਕੇ) ਉਹ ਡੂੰਘੇ ਜਿਗਰੇ ਵਾਲਾ ਬਣ ਜਾਂਦਾ ਹੈ । ਪਰ ਗੁਰ-ਸ਼ਬਦ ਤੋਂ ਖੁੰਝ ਕੇ ਜਗਤ (ਮਾਇਆ ਦੇ ਮੋਹ ਵਿਚ) ਕਮਲਾ (ਹੋਇਆ ਫਿਰਦਾ) ਹੈ । ਉਹ ਪੂਰਨ ਤਿਆਗੀ ਮਨੁੱਖ ਅਡੋਲ ਆਤਮਕ ਅਵਸਥਾ ਵਿਚ ਟਿਕ ਕੇ ਚੰਗੇ ਭਾਗਾਂ ਵਾਲਾ ਬਣ ਜਾਂਦਾ ਹੈ, ਉਸ ਦਾ ਮਨ ਸਦਾ-ਥਿਰ ਰਹਿਣ ਵਾਲੇ ਪ੍ਰਭੂ (ਦੀ ਯਾਦ ਨੂੰ ਹੀ ਆਪਣਾ ਜੀਵਨ-ਨਿਸ਼ਾਨਾ) ਮੰਨਦਾ ਹੈ ।੮।੧।

ਸੋਰਠਿ ਮਹਲਾ ੧ ਤਿਤੁਕੀ ॥ ਆਸਾ ਮਨਸਾ ਬੰਧਨੀ ਭਾਈ ਕਰਮ ਧਰਮ ਬੰਧਕਾਰੀ ॥ ਪਾਪਿ ਪੁੰਨਿ ਜਗੁ ਜਾਇਆ ਭਾਈ ਬਿਨਸੈ ਨਾਮੁ ਵਿਸਾਰੀ ॥ ਇਹ ਮਾਇਆ ਜਗਿ ਮੋਹਣੀ ਭਾਈ ਕਰਮ ਸਭੇ ਵੇਕਾਰੀ ॥੧॥ ਸੁਣਿ ਪੰਡਿਤ ਕਰਮਾ ਕਾਰੀ ॥ ਜਿਤੁ ਕਰਮਿ ਸੁਖੁ ਊਪਜੈ ਭਾਈ ਸੁ ਆਤਮ ਤਤੁ ਬੀਚਾਰੀ ॥ ਰਹਾਉ ॥ ਸਾਸਤੁ ਬੇਦੁ ਬਕੈ ਖੜੋ ਭਾਈ ਕਰਮ ਕਰਹੁ ਸੰਸਾਰੀ ॥ ਪਾਖੰਡਿ ਮੈਲੁ ਨ ਚੂਕਈ ਭਾਈ ਅੰਤਰਿ ਮੈਲੁ ਵਿਕਾਰੀ ॥ ਇਨ ਬਿਧਿ ਡੂਬੀ ਮਾਕੁਰੀ ਭਾਈ ਊਂਡੀ ਸਿਰ ਕੈ ਭਾਰੀ ॥੨॥ ਦੁਰਮਤਿ ਘਣੀ ਵਿਗੂਤੀ ਭਾਈ ਦੂਜੈ ਭਾਇ ਖੁਆਈ ॥ ਬਿਨੁ ਸਤਿਗੁਰ ਨਾਮੁ ਨ ਪਾਈਐ ਭਾਈ ਬਿਨੁ ਨਾਮੈ ਭਰਮੁ ਨ ਜਾਈ ॥ ਸਤਿਗੁਰੁ ਸੇਵੇ ਤਾ ਸੁਖੁ ਪਾਏ ਭਾਈ ਆਵਣੁ ਜਾਣੁ ਰਹਾਈ ॥੩॥ ਸਾਚੁ ਸਹਜੁ ਗੁਰ ਤੇ ਊਪਜੈ ਭਾਈ ਮਨੁ ਨਿਰਮਲੁ ਸਾਚਿ ਸਮਾਈ ॥ ਗੁਰੁ ਸੇਵੇ ਸੋ ਬੂਝੈ ਭਾਈ ਗੁਰ ਬਿਨੁ ਮਗੁ ਨ ਪਾਈ ॥ ਜਿਸੁ ਅੰਤਰਿ ਲੋਭੁ ਕਿ ਕਰਮ ਕਮਾਵੈ ਭਾਈ ਕੂੜੁ ਬੋਲਿ ਬਿਖੁ ਖਾਈ ॥੪॥ ਪੰਡਿਤ ਦਹੀ ਵਿਲੋਈਐ ਭਾਈ ਵਿਚਹੁ ਨਿਕਲੈ ਤਥੁ ॥ ਜਲੁ ਮਥੀਐ ਜਲੁ ਦੇਖੀਐ ਭਾਈ ਇਹੁ ਜਗੁ ਏਹਾ ਵਥੁ ॥ ਗੁਰ ਬਿਨੁ ਭਰਮਿ ਵਿਗੂਚੀਐ ਭਾਈ ਘਟਿ ਘਟਿ ਦੇਉ ਅਲਖੁ ॥੫॥ ਇਹੁ ਜਗੁ ਤਾਗੋ ਸੂਤ ਕੋ ਭਾਈ ਦਹ ਦਿਸ ਬਾਧੋ ਮਾਇ ॥ ਬਿਨੁ ਗੁਰ ਗਾਠਿ ਨ ਛੂਟਈ ਭਾਈ ਥਾਕੇ ਕਰਮ ਕਮਾਇ ॥ ਇਹੁ ਜਗੁ ਭਰਮਿ ਭੁਲਾਇਆ ਭਾਈ ਕਹਣਾ ਕਿਛੂ ਨ ਜਾਇ ॥੬॥ ਗੁਰ ਮਿਲਿਐ ਭਉ ਮਨਿ ਵਸੈ ਭਾਈ ਭੈ ਮਰਣਾ ਸਚੁ ਲੇਖੁ ॥ ਮਜਨੁ ਦਾਨੁ ਚੰਗਿਆਈਆ ਭਾਈ ਦਰਗਹ ਨਾਮੁ ਵਿਸੇਖੁ ॥ ਗੁਰੁ ਅੰਕਸੁ ਜਿਨਿ ਨਾਮੁ ਦ੍ਰਿੜਾਇਆ ਭਾਈ ਮਨਿ ਵਸਿਆ ਚੂਕਾ ਭੇਖੁ ॥੭॥ ਇਹੁ ਤਨੁ ਹਾਟੁ

ਸਰਾਫ ਕੋ ਭਾਈ ਵਖਰੁ ਨਾਮੁ ਅਪਾਰੁ ॥ ਇਹੁ ਵਖਰੁ ਵਾਪਾਰੀ ਸੋ ਦ੍ਰਿੜੈ ਭਾਈ ਗੁਰ ਸਬਦਿ ਕਰੇ ਵੀਚਾਰੁ ॥ ਧਨੁ ਵਾਪਾਰੀ ਨਾਨਕਾ ਭਾਈ ਮੇਲਿ ਕਰੇ ਵਾਪਾਰੁ ॥੮॥੨॥ {ਪੰਨਾ 635-636}

ਪਦਅਰਥ:- ਆਸਾ ਮਨਸਾ—ਮਾਇਆ ਵਾਲੀਆਂ ਆਸਾਂ ਤੇ ਫੁਰਨੇ । ਬੰਧਨੀ—(ਮਾਇਆ ਦੇ ਮੋਹ ਵਿਚ) ਬੰਨ੍ਹਣ ਵਾਲੇ । ਭਾਈ—ਹੇ ਭਾਈ! ਹੇ ਪੰਡਿਤ! ਕਰਮ ਧਰਮ—ਉਹ ਕਰਮ ਜੋ ਧਾਰਮਿਕ ਮਿਥੇ ਹੋਏ ਹਨ, ਰਸਮੀ ਧਾਰਮਿਕ ਕਰਮ । ਬੰਧਕਾਰੀ—ਮਾਇਆ ਦੇ ਬੰਧਨ ਪੈਦਾ ਕਰਨ ਵਾਲੇ । ਪਾਪਿ ਪੁੰਨਿ—(ਰਸਮੀ ਤੌਰ ਤੇ ਮੰਨੇ ਹੋਏ) ਪਾਪ ਅਤੇ ਪੁੰਨ ਦੇ ਕਾਰਨ । ਬਿਨਸੈ—ਆਤਮਕ ਮੌਤ ਮਰਦਾ ਹੈ । ਵਿਸਾਰੀ—ਵਿਸਾਰ ਕੇ । ਜਗਿ—ਜਗਤ ਵਿਚ । ਵੇਕਾਰੀ—ਵਿਅਰਥ ।੧।

ਪੰਡਿਤ—ਹੇ ਪੰਡਿਤ! ਕਰਮਾ ਕਾਰੀ—ਕਰਮ ਕਾਂਡੀ, ਤੀਰਥ ਵਰਤ ਆਦਿਕ ਮਿਥੇ ਹੋਏ ਧਾਰਮਿਕ ਕਰਮਾਂ ਦਾ ਵਿਸ਼ਵਾਸੀ । ਜਿਤੁ—ਜਿਸ ਦੀ ਰਾਹੀਂ । ਜਿਤੁ ਕਰਮਿ—ਜਿਸ ਕਰਮ ਦੀ ਰਾਹੀਂ । ਆਤਮ ਤਤੁ—ਆਤਮਾ ਦਾ ਮੂਲ ।੧।ਰਹਾਉ।

ਬਕੈ ਖੜੋ—ਖਲੋਤਾ ਉਚਾਰਦਾ ਹੈਂ । ਕਰਹੁ—ਤੁਸੀ ਕਰਦੇ ਹੋ । ਸੰਸਾਰੀ—ਸੰਸਾਰ ਵਾਲੇ, ਮਾਇਆ ਵਿਚ ਹੀ ਪ੍ਰਵਿਰਤ ਕਰਨ ਵਾਲੇ । ਪਾਖੰਡਿ—ਪਾਖੰਡ ਨਾਲ । ਵਿਕਾਰੀ—ਵਿਕਾਰਾਂ ਦੀ । ਮਾਕੁਰੀ—ਮੱਕੜੀ, ਜਾਲਾ ਤਣਨ ਵਾਲਾ ਕਕਹਿਣਾ । ਊਂਡੀ—ਉਲਟੀ ।੨।

ਘਣੀ—ਬਹੁਤ (ਲੋਕਾਈ) । ਭਾਇ—ਪਿਆਰ ਵਿਚ, ਮੋਹ ਵਿਚ । ਖੁਆਈ—ਖੁੰਝ ਗਈ । ਰਹਾਈ—ਰਹਿ ਜਾਂਦਾ ਹੈ ।੩।

ਸਾਚੁ ਸਹਜੁ—ਸਦਾ ਕਾਇਮ ਰਹਿਣ ਵਾਲੀ ਅਡੋਲ ਆਤਮਕ ਅਵਸਥਾ । ਤੇ—ਤੋਂ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਮਗੁ—ਰਸਤਾ । ਅੰਤਰਿ—ਅੰਦਰ । ਬੋਲਿ—ਬੋਲ ਕੇ । ਬਿਖੁ—ਜ਼ਹਿਰ, ਆਤਮਕ ਮੌਤ ਲਿਆਉਣ ਵਾਲੀ ਸ਼ੈ । ਖਾਈ—ਖਾਂਦਾ ਹੈ ।੪।

ਪੰਡਿਤ—ਹੇ ਪੰਡਿਤ! ਵਿਲੋਈਐ—(ਜੇ) ਰਿੜਕੀਏ । ਤਥੁ—ਅਸਲ ਚੀਜ਼, ਮੱਖਣ । ਏਹਾ ਵਥੁ—ਇਹੀ ਚੀਜ਼ (ਪਾਣੀ ਹੀ ਪ੍ਰਾਪਤ ਕਰਦਾ ਹੈ) । ਵਿਗੁਚੀਐ—ਖ਼ੁਆਰ ਹੋਈਦਾ ਹੈ । ਦੇਉ—ਪ੍ਰਕਾਸ਼-ਰੂਪ ਪ੍ਰਭੂ । ਅਲਖੁ—ਜਿਸ ਦਾ ਸਰੂਪ ਸਮਝਿਆ ਨਹੀਂ ਜਾ ਸਕਦਾ ।੫।

ਤਾਗੋ—ਧਾਗਾ । ਕੋ—ਦਾ । ਦਹ ਦਿਸ—ਦਸੀਂ ਪਾਸੀਂ । ਮਾਇ—ਮਾਇਆ (ਨਾਲ) । ਗਾਠਿ—ਗੰਢ । ਛੂਟਈ—ਖੁਲ੍ਹਦੀ । ਕਰਮ—ਰਸਮੀ ਧਾਰਮਿਕ ਕੰਮ ।੬।

ਮਨਿ—ਮਨ ਵਿਚ । ਭੈ—(ਪਰਮਾਤਮਾ ਦੇ) ਡਰ-ਅਦਬ ਵਿਚ । ਸਚੁ—ਅਟੱਲ (ਆਤਮਕ ਜੀਵਨ ਦੇਣ ਵਾਲਾ) । ਮਜਨੁ—ਤੀਰਥ-ਇਸ਼ਨਾਨ । ਵਿਸੇਖੁ—ਵਿਸ਼ੇਸ਼ਤਾ ਦਾ ਹੱਕਦਾਰ । ਅੰਕਸੁ—ਕੁੰਡਾ ਜੋ ਹਾਥੀ ਨੂੰ ਚਲਾਣ ਲਈ ਵਰਤੀਦਾ ਹੈ । ਜਿਨਿ—ਜਿਸ (ਗੁਰੂ) ਨੇ । ਮਨਿ—ਮਨ ਵਿਚ । ਭੇਖੁ—(ਵਿਖਾਵੇ ਦਾ) ਧਾਰਮਿਕ ਲਿਬਾਸ ।੭।

ਹਾਟੁ—ਹੱਟ । ਸਰਾਫ—ਸ਼ਾਹ । ਕੋ—ਦਾ । ਦ੍ਰਿੜੈ—ਪੱਕੀ ਤਰ੍ਹਾਂ ਚੇਤੇ ਰੱਖਦਾ ਹੈ । ਧਨੁ—ਭਾਗਾਂ ਵਾਲਾ । ਮੇਲਿ—ਮੇਲ ਵਿਚ, ਸਤ ਸੰਗ ਵਿਚ ।੮।

ਅਰਥ:- (ਤੀਰਥ ਵਰਤ ਆਦਿਕ ਧਾਰਮਿਕ ਮਿਥੇ ਹੋਏ) ਕੰਮਾਂ ਦੇ ਵਿਸ਼ਵਾਸੀ ਹੇ ਪੰਡਿਤ! ਸੁਣ (ਇਹ ਕਰਮ ਧਰਮ ਆਤਮਕ ਆਨੰਦ ਨਹੀਂ ਪੈਦਾ ਕਰ ਸਕਦੇ) । ਹੇ ਭਾਈ! ਜਿਸ ਕੰਮ ਦੀ ਰਾਹੀਂ ਆਤਮਕ ਆਨੰਦ ਪੈਦਾ

ਹੁੰਦਾ ਹੈ ਉਹ (ਇਹ) ਹੈ ਕਿ ਆਤਮਕ ਜੀਵਨ ਦੇਣ ਵਾਲੇ ਜਗਤ-ਮੂਲ (ਦੇ ਗੁਣਾਂ) ਨੂੰ ਆਪਣੇ ਵਿਚਾਰ-ਮੰਡਲ ਵਿਚ (ਲਿਆਂਦਾ ਜਾਏ) ।੧।ਰਹਾਉ।

ਹੇ ਭਾਈ! (ਤੀਰਥ ਵਰਤ ਆਦਿਕ ਧਾਰਮਿਕ ਕਰਮ ਕਰਦਿਆਂ ਭੀ ਮਾਇਆ ਵਾਲੀਆਂ ਆਸਾਂ ਤੇ ਫੁਰਨੇ ਟਿਕੇ ਹੀ ਰਹਿੰਦੇ ਹਨ, ਇਹ) ਆਸਾਂ ਤੇ ਇਹ ਫੁਰਨੇ ਮਾਇਆ ਦੇ ਮੋਹ ਵਿਚ ਬੰਨ੍ਹਣ ਵਾਲੇ ਹਨ, (ਇਹ ਰਸਮੀ) ਧਾਰਮਿਕ ਕਰਮ (ਸਗੋਂ) ਮਾਇਆ ਦੇ ਬੰਦਨ ਪੈਦਾ ਕਰਨ ਵਾਲੇ ਹਨ । ਹੇ ਭਾਈ! (ਰਸਮੀ ਤੌਰ ਤੇ ਮੰਨੇ ਹੋਏ) ਪਾਪ ਅਤੇ ਪੁੰਨ ਦੇ ਕਾਰਨ ਜਗਤ ਜੰਮਦਾ ਹੈ (ਜਨਮ ਮਰਨ ਦੇ ਗੇੜ ਵਿਚ ਆਉਂਦਾ ਹੈ), ਪਰਮਾਤਮਾ ਦਾ ਨਾਮ ਭੁਲਾ ਕੇ ਆਤਮਕ ਮੌਤੇ ਮਰਦਾ ਹੈ । ਹੇ ਭਾਈ! ਇਹ ਮਾਇਆ ਜਗਤ ਵਿਚ (ਜੀਵਾਂ ਨੂੰ) ਮੋਹਣ ਦਾ ਕੰਮ ਕਰੀ ਜਾਂਦੀ ਹੈ, ਇਹ ਸਾਰੇ (ਧਾਰਮਿਕ ਮਿਥੇ ਹੋਏ) ਕਰਮ ਵਿਅਰਥ ਹੀ ਜਾਂਦੇ ਹਨ ।੧।

ਹੇ ਪੰਡਿਤ ਜੀ! ਤੁਸੀ (ਲੋਕਾਂ ਨੂੰ ਸੁਣਾਨ ਵਾਸਤੇ) ਵੇਦ ਸ਼ਾਸਤ੍ਰ (ਆਦਿਕ ਧਰਮ-ਪੁਸਤਕ) ਖੋਲ੍ਹ ਕੇ ਉਚਾਰਦੇ ਰਹਿੰਦੇ ਹੋ, ਪਰ ਆਪ ਉਹੀ ਕਰਮ ਕਰਦੇ ਹੋ ਜੋ ਮਾਇਆ ਦੇ ਮੋਹ ਵਿਚ ਫਸਾਈ ਰੱਖਣ । ਹੇ ਪੰਡਿਤ! (ਇਸ) ਪਖੰਡ ਨਾਲ (ਮਨ ਦੀ) ਮੈਲ ਦੂਰ ਨਹੀਂ ਹੋ ਸਕਦੀ, ਵਿਕਾਰਾਂ ਦੀ ਮੈਲ ਮਨ ਦੇ ਅੰਦਰ ਟਿਕੀ ਹੀ ਰਹਿੰਦੀ ਹੈ । ਇਸ ਤਰ੍ਹਾਂ ਤਾਂ ਮੱਕੜੀ ਭੀ (ਆਪਣਾ ਜਾਲਾ ਆਪ ਤਣ ਕੇ ਉਸੇ ਜਾਲੇ ਵਿਚ) ਉਲਟੀ ਸਿਰ-ਭਾਰ ਹੋ ਕੇ ਮਰਦੀ ਹੈ ।੨।

ਹੇ ਭਾਈ! ਭੈੜੀ ਮਤਿ ਦੇ ਕਾਰਨ ਬੇਅੰਤ ਲੋਕਾਈ ਖ਼ੁਆਰ ਹੋ ਰਹੀ ਹੈ, ਪਰਮਾਤਮਾ ਨੂੰ ਵਿਸਾਰ ਕੇ ਹੋਰ ਦੇ ਮੋਹ ਵਿਚ ਖੁੰਝੀ ਹੋਈ ਹੈ । ਪਰਮਾਤਮਾ ਦਾ ਨਾਮ ਗੁਰੂ ਤੋਂ ਬਿਨਾ ਨਹੀਂ ਮਿਲ ਸਕਦਾ, ਤੇ ਪ੍ਰਭੂ ਦੇ ਨਾਮ ਤੋਂ ਬਿਨਾ ਮਨ ਦੀ ਭਟਕਣਾ ਦੂਰ ਨਹੀਂ ਹੁੰਦੀ । ਜਦੋਂ ਮਨੁੱਖ ਗੁਰੂ ਦੀ (ਦੱਸੀ) ਸੇਵਾ ਕਰਦਾ ਹੈ ਤਦੋਂ ਆਤਮਕ ਆਨੰਦ ਪ੍ਰਾਪਤ ਕਰਦਾ ਹੈ, ਤੇ, ਆਪਣਾ ਜਨਮ ਮਰਨ ਦਾ ਗੇੜ ਮੁਕਾ ਲੈਂਦਾ ਹੈ ।੩।

ਹੇ ਪੰਡਿਤ! ਗੁਰੂ ਦੀ ਸ਼ਰਨ ਪਿਆਂ ਸਦਾ-ਟਿਕਵੀਂ ਆਤਮਕ ਅਡੋਲਤਾ ਪੈਦਾ ਹੁੰਦੀ ਹੈ (ਇਸ ਤਰ੍ਹਾਂ) ਪਵਿਤ੍ਰ (ਹੋਇਆ) ਮਨ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦਾ ਹੈ । (ਜੀਵਨ ਦਾ ਇਹ ਰਸਤਾ) ਉਹ ਮਨੁੱਖ ਸਮਝਦਾ ਹੈ ਜੋ ਗੁਰੂ ਦੀ (ਦੱਸੀ) ਸੇਵਾ ਕਰਦਾ ਹੈ, ਗੁਰੂ ਤੋਂ ਬਿਨਾ (ਇਹ) ਰਸਤਾ ਨਹੀਂ ਲੱਭਦਾ । ਜਿਸ ਮਨੁੱਖ ਦੇ ਮਨ ਵਿਚ ਲੋਭ (ਦੀ ਲਹਿਰ) ਜ਼ੋਰ ਪਾ ਰਹੀ ਹੋਵੇ, ਇਹ ਰਸਮੀ ਧਾਰਮਿਕ ਕੰਮ ਕਰਨ ਦਾ ਉਸ ਨੂੰ ਕੋਈ (ਆਤਮਕ) ਲਾਭ ਨਹੀਂ ਹੋ ਸਕਦਾ । (ਮਾਇਆ ਦੀ ਖ਼ਾਤਰ) ਝੂਠ ਬੋਲ ਬੋਲ ਕੇ ਉਹ ਮਨੁੱਖ (ਆਤਮਕ ਮੌਤ ਲਿਆਉਣ ਵਾਲਾ ਇਹ ਝੂਠ-ਰੂਪ) ਜ਼ਹਿਰ ਖਾਂਦਾ ਰਹਿੰਦਾ ਹੈ ।੪।

ਹੇ ਪੰਡਿਤ! ਜੇ ਦਹੀਂ ਰਿੜਕੀਏ ਤਾਂ ਉਸ ਵਿਚੋਂ ਮੱਖਣ ਨਿਕਲਦਾ ਹੈ, ਪਰ ਜੇ ਪਾਣੀ ਰਿੜਕੀਏ, ਤਾਂ ਪਾਣੀ ਹੀ ਵੇਖਣ ਵਿਚ ਆਉਂਦਾ ਹੈ । ਇਹ (ਮਾਇਆ-ਮੋਹਿਆ) ਜਗਤ (ਪਾਣੀ ਰਿੜਕ ਰਿੜਕ ਕੇ) ਇਹ ਪਾਣੀ ਹੀ ਹਾਸਲ ਕਰਦਾ ਹੈ । ਹੇ ਭਾਈ! ਗੁਰੂ ਦੀ ਸ਼ਰਨ ਪੈਣ ਤੋਂ ਬਿਨਾ (ਮਾਇਆ ਦੀ) ਭਟਕਣਾ ਵਿਚ ਹੀ ਖ਼ੁਆਰ ਹੋਈਦਾ ਹੈ, ਘਟ ਘਟ ਵਿਚ ਵਿਆਪਕ ਅਲੱਖ ਪਰਮਾਤਮਾ ਤੋਂ ਖੁੰਝੇ ਰਹੀਦਾ ਹੈ ।੫।

ਹੇ ਭਾਈ! ਇਹ ਜਗਤ ਸੂਤਰ ਦਾ ਧਾਗਾ (ਸਮਝ ਲਵੋ, ਜਿਵੇਂ ਧਾਗੇ ਨੂੰ ਗੰਢਾਂ ਪਈਆਂ ਹੋਈਆਂ ਹੋਣ, ਸੰਸਾਰਕ ਜੀਵਾਂ ਨੂੰ) ਮਾਇਆ ਦੇ ਮੋਹ ਦੀਆਂ ਦਸੀਂ ਪਾਸੀਂ ਗੰਢਾਂ ਪਈਆਂ ਹੋਈਆਂ ਹਨ (ਭਾਵ, ਮੋਹ ਵਿਚ ਫਸੇ ਜੀਵ ਦਸੀਂ ਪਾਸੀਂ ਖਿੱਚੇ ਜਾ ਰਹੇ ਹਨ) । (ਅਨੇਕਾਂ ਜੀਵ ਇਹ ਰਸਮੀ ਧਾਰਮਿਕ) ਕਰਮ ਕਰ ਕਰ ਕੇ ਹਾਰ ਗਏ, ਪਰ ਗੁਰੂ ਦੀ ਸ਼ਰਨ ਪੈਣ ਤੋਂ ਬਿਨਾ ਮੋਹ ਦੀ ਗੰਢ ਖੁਲ੍ਹਦੀ ਨਹੀਂ । ਹੇ ਭਾਈ! ਇਹ ਜਗਤ (ਰਸਮੀ ਧਾਰਮਿਕ ਕਰਮ ਕਰਦਾ ਹੋਇਆ ਭੀ ਮੋਹ ਦੀ) ਭਟਕਣਾ ਵਿਚ ਇਤਨਾ ਖੁੰਝਿਆ ਹੋਇਆ ਹੈ ਕਿ ਬਿਆਨ ਨਹੀਂ ਕੀਤਾ ਜਾ ਸਕਦਾ ।੬।

ਹੇ ਪੰਡਿਤ! ਜੇ ਗੁਰੂ ਮਿਲ ਪਏ ਤਾਂ ਪਰਮਾਤਮਾ ਦਾ ਡਰ-ਅਦਬ ਮਨ ਵਿਚ ਵੱਸ ਪੈਂਦਾ ਹੈ । ਉਸ ਡਰ-ਅਦਬ ਵਿਚ ਰਹਿ ਕੇ (ਮਾਇਆ ਦੇ ਮੋਹ ਵਲੋਂ) ਮਰਨਾ (ਜੀਵ ਦੇ ਮਸਤਕ ਉਤੇ ਕੀਤੇ ਕਰਮਾਂ ਦਾ ਐਸਾ) ਲੇਖ (ਹੈ ਜੋ ਇਸ ਨੂੰ ਅਟੱਲ) (ਜੀਵਨ ਦੇਂਦਾ) ਹੈ । ਹੇ ਭਾਈ! ਤੀਰਥ ਇਸ਼ਨਾਨ ਦਾਨ-ਪੁੰਨ ਤੇ ਹੋਰ ਚੰਗਿਆਈਆਂ ਪਰਮਾਤਮਾ ਦਾ ਨਾਮ ਹੀ ਹੈ, ਪਰਮਾਤਮਾ ਦੇ ਨਾਮ ਨੂੰ ਹੀ ਉਸ ਦੀ ਹਜ਼ੂਰੀ ਵਿਚ ਵਿਸ਼ੇਸ਼ਤਾ ਮਿਲਦੀ ਹੈ । (ਮਾਇਆ ਵਿਚ ਮਸਤ ਮਨ-ਹਾਥੀ ਨੂੰ ਸਿੱਧੇ ਰਸਤੇ ਤੋਰਨ ਵਾਸਤੇ) ਗੁਰੂ (ਦਾ ਸ਼ਬਦ) ਕੁੰਡਾ ਹੈ, ਗੁਰੂ ਨੇ ਹੀ ਪਰਮਾਤਮਾ ਦਾ ਨਾਮ ਮਨੁੱਖ ਨੂੰ ਦ੍ਰਿੜ੍ਹ ਕਰਾਇਆ ਹੈ । (ਗੁਰੂ ਦੀ ਮੇਹਰ ਨਾਲ ਜਦੋਂ ਨਾਮ) ਮਨ ਵਿਚ ਵੱਸਦਾ ਹੈ, ਤਾਂ ਧਾਰਮਿਕ ਵਿਖਾਵਾ ਮੁੱਕ ਜਾਂਦਾ ਹੈ ।੭।

ਹੇ ਭਾਈ! ਇਹ ਮਨੁੱਖਾ ਸਰੀਰ ਪਰਮਾਤਮਾ-ਸਰਾਫ਼ ਦਾ ਦਿੱਤਾ ਹੋਇਆ ਇਕ ਹੱਟ ਹੈ ਜਿਸ ਵਿਚ ਕਦੇ ਨਾਹ ਮੁਕਣ ਵਾਲਾ ਨਾਮ-ਸੌਦਾ ਕਰਨਾ ਹੈ । ਉਹੀ ਜੀਵ-ਵਪਾਰੀ ਇਸ ਸੌਦੇ ਨੂੰ (ਆਪਣੇ ਸਰੀਰ-ਹੱਟ ਵਿਚ) ਦ੍ਰਿੜ੍ਹਤਾ ਨਾਲ ਵਣਜਦਾ ਹੈ ਜੇਹੜਾ ਗੁਰੂ ਦੇ ਸ਼ਬਦ ਵਿਚ ਵਿਚਾਰ ਕਰਦਾ ਹੈ । ਹੇ ਨਾਨਕ! ਉਹ ਜੀਵ-ਵਪਾਰੀ ਭਾਗਾਂ ਵਾਲਾ ਹੈ ਜੋ ਸਾਧ ਸੰਗਤਿ ਵਿਚ (ਰਹਿ ਕੇ) ਇਹ ਵਪਾਰ ਕਰਦਾ ਹੈ ।੮।੨।

ਸੋਰਠਿ ਮਹਲਾ ੧ ॥ ਜਿਨ੍ਹੀ ਸਤਿਗੁਰੁ ਸੇਵਿਆ ਪਿਆਰੇ ਤਿਨ੍ਹ ਕੇ ਸਾਥ ਤਰੇ ॥ ਤਿਨ੍ਹਾ ਠਾਕ ਨ ਪਾਈਐ ਪਿਆਰੇ ਅੰਮ੍ਰਿਤ ਰਸਨ ਹਰੇ ॥ ਬੂਡੇ ਭਾਰੇ ਭੈ ਬਿਨਾ ਪਿਆਰੇ ਤਾਰੇ ਨਦਰਿ ਕਰੇ ॥੧॥ ਭੀ ਤੂਹੈ ਸਾਲਾਹਣਾ ਪਿਆਰੇ ਭੀ ਤੇਰੀ ਸਾਲਾਹ ॥ ਵਿਣੁ ਬੋਹਿਥ ਭੈ ਡੁਬੀਐ ਪਿਆਰੇ ਕੰਧੀ ਪਾਇ ਕਹਾਹ ॥੧॥ ਰਹਾਉ ॥ ਸਾਲਾਹੀ ਸਾਲਾਹਣਾ ਪਿਆਰੇ ਦੂਜਾ ਅਵਰੁ ਨ ਕੋਇ ॥ ਮੇਰੇ ਪ੍ਰਭ ਸਾਲਾਹਨਿ ਸੇ ਭਲੇ ਪਿਆਰੇ ਸਬਦਿ ਰਤੇ ਰੰਗੁ ਹੋਇ ॥ ਤਿਸ ਕੀ ਸੰਗਤਿ ਜੇ ਮਿਲੈ ਪਿਆਰੇ ਰਸੁ ਲੈ ਤਤੁ ਵਿਲੋਇ ॥੨॥ ਪਤਿ ਪਰਵਾਨਾ ਸਾਚ ਕਾ ਪਿਆਰੇ ਨਾਮੁ ਸਚਾ ਨੀਸਾਣੁ ॥ ਆਇਆ ਲਿਖਿ ਲੈ ਜਾਵਣਾ ਪਿਆਰੇ ਹੁਕਮੀ ਹੁਕਮੁ ਪਛਾਣੁ ॥ ਗੁਰ ਬਿਨੁ ਹੁਕਮੁ ਨ ਬੂਝੀਐ ਪਿਆਰੇ ਸਾਚੇ ਸਾਚਾ ਤਾਣੁ ॥੩॥ ਹੁਕਮੈ ਅੰਦਰਿ ਨਿੰਮਿਆ ਪਿਆਰੇ ਹੁਕਮੈ ਉਦਰ ਮਝਾਰਿ ॥ ਹੁਕਮੈ ਅੰਦਰਿ ਜੰਮਿਆ ਪਿਆਰੇ ਊਧਉ ਸਿਰ ਕੈ ਭਾਰਿ ॥ ਗੁਰਮੁਖਿ ਦਰਗਹ ਜਾਣੀਐ ਪਿਆਰੇ ਚਲੈ ਕਾਰਜ ਸਾਰਿ ॥੪॥ ਹੁਕਮੈ ਅੰਦਰਿ ਆਇਆ ਪਿਆਰੇ ਹੁਕਮੇ ਜਾਦੋ ਜਾਇ ॥ ਹੁਕਮੇ ਬੰਨ੍ਹਿ ਚਲਾਈਐ ਪਿਆਰੇ ਮਨਮੁਖਿ ਲਹੈ ਸਜਾਇ ॥ ਹੁਕਮੇ ਸਬਦਿ ਪਛਾਣੀਐ ਪਿਆਰੇ ਦਰਗਹ ਪੈਧਾ ਜਾਇ ॥੫॥ ਹੁਕਮੇ ਗਣਤ ਗਣਾਈਐ ਪਿਆਰੇ ਹੁਕਮੇ ਹਉਮੈ ਦੋਇ ॥ ਹੁਕਮੇ ਭਵੈ ਭਵਾਈਐ ਪਿਆਰੇ ਅਵਗਣਿ ਮੁਠੀ ਰੋਇ ॥ ਹੁਕਮੁ ਸਿਞਾਪੈ ਸਾਹ ਕਾ ਪਿਆਰੇ ਸਚੁ ਮਿਲੈ ਵਡਿਆਈ ਹੋਇ ॥੬॥ ਆਖਣਿ ਅਉਖਾ ਆਖੀਐ ਪਿਆਰੇ ਕਿਉ ਸੁਣੀਐ ਸਚੁ ਨਾਉ ॥ ਜਿਨ੍ਹੀ ਸੋ ਸਾਲਾਹਿਆ ਪਿਆਰੇ ਹਉ ਤਿਨ੍ਹ ਬਲਿਹਾਰੈ ਜਾਉ ॥ ਨਾਉ ਮਿਲੈ ਸੰਤੋਖੀਆਂ ਪਿਆਰੇ ਨਦਰੀ ਮੇਲਿ ਮਿਲਾਉ ॥੭॥ ਕਾਇਆ ਕਾਗਦੁ ਜੇ ਥੀਐ ਪਿਆਰੇ ਮਨੁ ਮਸਵਾਣੀ ਧਾਰਿ ॥ ਲਲਤਾ ਲੇਖਣਿ ਸਚ ਕੀ ਪਿਆਰੇ ਹਰਿ ਗੁਣ ਲਿਖਹੁ ਵੀਚਾਰਿ ॥ ਧਨੁ ਲੇਖਾਰੀ ਨਾਨਕਾ ਪਿਆਰੇ ਸਾਚੁ ਲਿਖੈ ਉਰਿ ਧਾਰਿ ॥੮॥੩॥ {ਪੰਨਾ 636}

ਪਦਅਰਥ:- ਸਾਥ—{SwQ} ਕਾਫ਼ਲੇ, ਸੰਗੀ ਸਾਥੀ । ਠਾਕ—ਰੋਕ । ਰਸਨ—ਜੀਭ (ਨਾਲ) । ਅੰਮ੍ਰਿਤ ਹਰੇ—ਹਰੀ ਦਾ ਨਾਮ-ਅੰਮ੍ਰਿਤ । ਭਾਰੇ—ਪਾਪਾਂ ਦੇ ਭਾਰ ਨਾਲ ਲੱਦੇ ਹੋਏ ।੧।

ਭੀ—ਸਦਾ ਹੀ । ਤੁਹੈ—ਤੈਨੂੰ ਹੀ । ਪਿਆਰੇ—ਹੇ ਸੱਜਣ-ਪ੍ਰਭੂ! ਸਾਲਾਹ—ਸਿਫ਼ਤਿ-ਸਾਲਾਹ । ਬੋਹਿਥ—ਜਹਾਜ਼ (ਨਾਮ ਦਾ) । ਭੈ—ਭਉ (-ਸਾਗਰ) ਵਿਚ । ਕੰਧੀ—ਕੰਢਾ । ਕਹਾਹ—ਕਿਥੇ? ।ਰਹਾਉ।

ਸਾਲਾਹੀ—ਸਾਲਾਹਣ-ਜੋਗ ਹਰੀ । ਸਾਲਾਹਨਿ—(ਜੇਹੜੇ ਬੰਦੇ) ਸਾਲਾਹੁੰਦੇ ਹਨ । ਸਬਦਿ—ਗੁਰੂ ਦੇ ਸ਼ਬਦ ਵਿਚ । ਰਸੁ ਲੈ—ਨਾਮ-ਅੰਮ੍ਰਿਤ ਚੱਖਦਾ ਹੈ । ਵਿਲੋਇ—(ਨਾਮ-ਦੁੱਧ ਨੂੰ) ਰਿੜਕ ਕੇ । ਤਤੁ—ਜਗਤ ਦਾ ਮੂਲ-ਪ੍ਰਭੂ ।੨।

ਪਤਿ—ਖਸਮ-ਪ੍ਰਭੂ । ਪਰਵਾਨਾ—ਰਾਹਦਾਰੀ । ਸਾਚ ਕਾ—ਸਦਾ-ਥਿਰ ਰਹਿਣ ਵਾਲੇ ਪ੍ਰਭੂ-ਨਾਮ ਦਾ । ਸਚਾ—ਸਦਾ-ਥਿਰ ਰਹਿਣ ਵਾਲਾ । ਨੀਸਾਣੁ—ਮੋਹਰ । ਹੁਕਮੀ ਹੁਕਮੁ—ਪਰਮਾਤਮਾ ਦੇ ਹੁਕਮ ਨੂੰ । ਤਾਣੁ—ਬਲ, ਤਾਕਤ ।੩।

ਨਿੰਮਿਆ—ਮਾਂ ਦੇ ਪੇਟ ਵਿਚ ਟਿਕਿਆ । ਉਦਰ ਮਝਾਰਿ—ਪੇਟ ਵਿਚ । ਉਧਉ—ਪੁੱਠਾ, ਉਲਟਾ । ਕਾਰਜ—ਜਨਮ-ਮਨੋਰਥ, ਉਹ ਕੰਮ ਜਿਸ ਦੇ ਕਰਨ ਵਾਸਤੇ ਜਗਤ ਵਿਚ ਆਇਆ । ਸਾਰਿ—ਸੰਭਾਲ ਕੇ, ਸਵਾਰ ਕੇ ।੪।

ਜਾਦੋ ਜਾਇ—ਚਲਾ ਜਾਂਦਾ ਹੈ । ਬੰਨ੍ਹਿ—ਬੰਨ੍ਹ ਕੇ । ਸਬਦਿ—ਸ਼ਬਦ ਦੀ ਰਾਹੀਂ ।੫।

ਗਣਤ ਗਣਾਈਐ—ਗਿਣਤੀਆਂ ਗਿਣਦਾ ਹੈ । ਦੋਇ—ਦ੍ਵੈਤ, ਮੇਰ-ਤੇਰ । ਭਵੈ—ਭਟਕਦਾ ਹੈ । ਭਵਾਈਐ—ਭਟਕਣਾ ਵਿਚ ਪਾਇਆ ਜਾਂਦਾ ਹੈ । ਅਵਗਣਿ—ਔਗੁਣ ਦੀ ਰਾਹੀਂ । ਮੁਠੀ—ਲੁੱਟੀ ਹੋਈ, ਠੱਗੀ ਹੋਈ । ਰੋਇ—ਰੋਂਦੀ ਹੈ (ਲੋਕਾਈ) ।੬।

ਆਖਣਿ—ਆਖਣ ਵਿਚ । ਸੰਤੋਖੀਆਂ—ਮੈਨੂੰ ਸੰਤੋਖ ਆ ਜਾਏ । ਮਿਲਾਉ—ਮਿਲਉ ਮੈਂ ਮਿਲ ਜਾਵਾਂ ।੭।

ਕਾਇਆ—ਸਰੀਰ । ਮਸਵਾਣੀ—ਸਿਆਹੀ ਦੀ ਦਵਾਤ । ਲਲਤਾ—ਜੀਭ । ਲੇਖਣਿ—ਕਲਮ । ਧਨੁ—{DNX} ਭਾਗਾਂ ਵਾਲਾ । ਉਰਿ—ਹਿਰਦੇ ਵਿਚ । ਧਾਰਿ—ਧਾਰ ਕੇ, ਟਿਕਾ ਕੇ ।੮।

ਅਰਥ:- ਹੇ ਸੱਜਣ-ਪ੍ਰਭੂ! ਸਦਾ ਤੈਨੂੰ ਹੀ ਸਾਲਾਹਣਾ ਚਾਹੀਦਾ ਹੈ, ਸਦਾ ਤੇਰੀ ਹੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ । (ਇਸ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਣ ਵਾਸਤੇ ਤੇਰੀ ਸਿਫ਼ਤਿ-ਸਾਲਾਹ ਜੀਵਾਂ ਵਾਸਤੇ ਜਹਾਜ਼ ਹੈ, ਇਸ) ਜਹਾਜ਼ ਤੋਂ ਬਿਨਾ ਭਉ-ਸਾਗਰ ਵਿਚ ਡੁੱਬ ਜਾਈਦਾ ਹੈ । (ਕੋਈ ਭੀ ਜੀਵ ਸਮੁੰਦਰ ਦਾ) ਪਾਰਲਾ ਕੰਢਾ ਲੱਭ ਨਹੀਂ ਸਕਦਾ ।ਰਹਾਉ।

ਜਿਨ੍ਹਾਂ ਬੰਦਿਆਂ ਨੇ ਸਤਿਗੁਰੂ ਦਾ ਪੱਲਾ ਫੜਿਆ ਹੈ, ਹੇ ਸੱਜਣ! ਉਹਨਾਂ ਦੇ ਸੰਗੀ-ਸਾਥੀ ਭੀ ਪਾਰ ਲੰਘ ਜਾਂਦੇ ਹਨ । ਜਿਨ੍ਹਾਂ ਦੀ ਜੀਭ ਪਰਮਾਤਮਾ ਦਾ ਨਾਮ-ਅੰਮ੍ਰਿਤ ਚੱਖਦੀ ਹੈ ਉਹਨਾਂ ਦੇ (ਜੀਵਨ-ਸਫ਼ਰ ਵਿਚ ਵਿਕਾਰ ਆਦਿਕਾਂ ਦੀ) ਰੁਕਾਵਟ ਨਹੀਂ ਪੈਂਦੀ । ਹੇ ਸੱਜਣ! ਜੇਹੜੇ ਮਨੁੱਖ ਪਰਮਾਤਮਾ ਦੇ ਡਰ-ਅਦਬ ਤੋਂ ਸੱਖਣੇ ਰਹਿੰਦੇ ਹਨ ਉਹ ਵਿਕਾਰਾਂ ਦੇ ਭਾਰ ਨਾਲ ਲੱਦੇ ਜਾਂਦੇ ਹਨ ਤੇ ਸੰਸਾਰ-ਸਮੁੰਦਰ ਵਿਚ ਡੁੱਬ ਜਾਂਦੇ ਹਨ । ਪਰ ਜਦੋਂ ਪਰਮਾਤਮਾ ਮੇਹਰ ਦੀ ਨਿਗਾਹ ਕਰਦਾ ਹੈ ਤਾਂ ਉਹਨਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ ।੧।

ਹੇ ਸੱਜਣ! ਸਾਲਾਹਣ-ਜੋਗ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਉਸ ਵਰਗਾ ਹੋਰ ਕੋਈ ਨਹੀਂ ਹੈ । ਜੇਹੜੇ ਬੰਦੇ ਪਿਆਰੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ ਉਹ ਭਾਗਾਂ ਵਾਲੇ ਹਨ । ਗੁਰੂ ਦੇ ਸ਼ਬਦ ਵਿਚ ਡੂੰਘੀ ਲਗਨ ਰੱਖਣ ਵਾਲੇ ਬੰਦੇ ਨੂੰ ਪਰਮਾਤਮਾ ਦਾ ਪ੍ਰੇਮ-ਰੰਗ ਚੜ੍ਹਦਾ ਹੈ । ਅਜੇਹੇ ਬੰਦੇ ਦੀ ਸੰਗਤਿ ਜੇ (ਕਿਸੇ ਨੂੰ) ਪ੍ਰਾਪਤ ਹੋ ਜਾਏ ਤਾਂ ਉਹ ਹਰੀ-ਨਾਮ ਦਾ ਰਸ ਲੈਂਦਾ ਹੈ ਤੇ (ਨਾਮ-ਦੁੱਧ ਨੂੰ) ਰਿੜਕ ਕੇ ਉਹ ਜਗਤ ਮੂਲ-ਪ੍ਰਭੂ ਨੂੰ ਮਿਲ ਪੈਂਦਾ ਹੈ ।੨।

ਹੇ ਭਾਈ! ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਪ੍ਰਭੂ-ਪਤੀ ਨੂੰ ਮਿਲਣ ਵਾਸਤੇ (ਇਸ ਜੀਵਨ-ਸਫ਼ਰ ਵਿਚ) ਰਾਹਦਾਰੀ ਹੈ, ਇਹ ਨਾਮ ਸਦਾ-ਥਿਰ ਰਹਿਣ ਵਾਲੀ ਮੋਹਰ ਹੈ । (ਪ੍ਰਭੂ ਦਾ ਇਹੀ ਹੁਕਮ ਹੈ ਕਿ) ਜਗਤ ਵਿਚ ਜੋ ਭੀ ਆਇਆ ਹੈ ਉਸ ਨੇ (ਪ੍ਰਭੂ ਨੂੰ ਮਿਲਣ ਵਾਸਤੇ, ਇਹ ਨਾਮ-ਰੂਪ ਰਾਹਦਾਰੀ) ਲਿਖ ਕੇ ਆਪਣੇ ਨਾਲ ਲੈ ਜਾਣੀ ਹੈ । ਹੇ ਭਾਈ! ਪ੍ਰਭੂ ਦੇ ਇਸ ਹੁਕਮ ਨੂੰ ਸਮਝ (ਪਰ ਇਸ ਹੁਕਮ ਨੂੰ ਸਮਝਣ ਲਈ ਗੁਰੂ ਦੀ ਸ਼ਰਨ ਪੈਣਾ ਪਏਗਾ) ਗੁਰੂ ਤੋਂ ਬਿਨਾ ਪ੍ਰਭੂ ਦਾ ਹੁਕਮ ਸਮਝਿਆ ਨਹੀਂ ਜਾ ਸਕਦਾ । ਹੇ ਭਾਈ! (ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈ ਕੇ ਸਮਝ ਲੈਂਦਾ ਹੈ, ਵਿਕਾਰਾਂ ਦਾ ਟਾਕਰਾ ਕਰਨ ਲਈ ਉਸ ਨੂੰ) ਸਦਾ-ਥਿਰ ਪ੍ਰਭੂ ਦਾ ਸਦਾ-ਥਿਰ ਬਲ ਹਾਸਲ ਹੋ ਜਾਂਦਾ ਹੈ ।੩।

ਹੇ ਭਾਈ! ਜੀਵ ਪਰਮਾਤਮਾ ਦੇ ਹੁਕਮ ਅਨੁਸਾਰ (ਪਹਿਲਾਂ) ਮਾਤਾ ਦੇ ਗਰਭ ਵਿਚ ਟਿਕਦਾ ਹੈ, ਤੇ ਮਾਂ ਦੇ ਪੇਟ ਵਿਚ (ਦਸ ਮਹੀਨੇ ਨਿਵਾਸ ਰੱਖਦਾ ਹੈ) । ਪੁੱਠਾ ਸਿਰ ਭਾਰ ਰਹਿ ਕੇ ਪ੍ਰਭੂ ਦੇ ਹੁਕਮ ਅਨੁਸਾਰ ਹੀ (ਫਿਰ) ਜਨਮ ਲੈਂਦਾ ਹੈ । (ਕਿਸੇ ਖ਼ਾਸ ਜੀਵਨ-ਮਨੋਰਥ ਵਾਸਤੇ ਜੀਵ ਜਗਤ ਵਿਚ ਆਉਂਦਾ ਹੈ) ਜੋ ਜੀਵ ਗੁਰੂ ਦੀ ਸ਼ਰਨ ਪੈ ਕੇ ਜੀਵਨ-ਮਨੋਰਥ ਨੂੰ ਸਵਾਰ ਕੇ ਇਥੋਂ ਜਾਂਦਾ ਹੈ ਉਹ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪਾਂਦਾ ਹੈ ।੪।

ਹੇ ਸੱਜਣ! ਪਰਮਾਤਮਾ ਦੀ ਰਜ਼ਾ ਅਨੁਸਾਰ ਹੀ ਜੀਵ ਜਗਤ ਵਿਚ ਆਉਂਦਾ ਹੈ, ਰਜ਼ਾ ਅਨੁਸਾਰ ਹੀ ਇਥੋਂ ਚਲਾ ਜਾਂਦਾ ਹੈ । ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ (ਤੇ ਮਾਇਆ ਦੇ ਮੋਹ ਵਿਚ ਫਸ ਜਾਂਦਾ ਹੈ) ਉਸ ਨੂੰ ਪ੍ਰਭੂ ਦੀ ਰਜ਼ਾ ਅਨੁਸਾਰ ਹੀ ਬੰਨ੍ਹ ਕੇ (ਭਾਵ, ਜੋਰੋ ਜੋਰੀ) ਇਥੋਂ ਤੋਰਿਆ ਜਾਂਦਾ ਹੈ (ਕਿਉਂਕਿ ਮੋਹ ਦੇ ਕਾਰਨ ਉਹ ਇਸ ਮਾਇਆ ਨੂੰ ਛੱਡਣਾ ਨਹੀਂ ਚਾਹੁੰਦਾ) । ਪਰਮਾਤਮਾ ਦੀ ਰਜ਼ਾ ਅਨੁਸਾਰ ਹੀ ਜਿਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਜਨਮ-ਮਨੋਰਥ ਨੂੰ) ਪਛਾਣ ਲਿਆ ਹੈ ਉਹ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਨਾਲ ਜਾਂਦਾ ਹੈ ।੫।

ਹੇ ਭਾਈ! ਪਰਮਾਤਮਾ ਦੀ ਰਜ਼ਾ ਅਨੁਸਾਰ ਹੀ (ਕਿਤੇ) ਮਾਇਆ ਦੀ ਸੋਚ ਸੋਚੀ ਜਾ ਰਹੀ ਹੈ, ਪ੍ਰਭੂ ਦੀ ਰਜ਼ਾ ਵਿਚ ਹੀ ਕਿਤੇ ਹਉਮੈ ਹੈ ਕਿਤੇ ਦ੍ਵੈਤ ਹੈ । ਪ੍ਰਭੂ ਦੀ ਰਜ਼ਾ ਅਨੁਸਾਰ ਹੀ (ਕਿਤੇ ਕੋਈ ਮਾਇਆ ਦੀ ਖ਼ਾਤਰ) ਭਟਕ ਰਿਹਾ ਹੈ, (ਕਿਤੇ ਕੋਈ) ਜਨਮ ਮਰਨ ਦੇ ਗੇੜ ਵਿਚ ਪਾਇਆ ਜਾ ਰਿਹਾ ਹੈ, ਕਿਤੇ ਪਾਪ ਦੀ ਠੱਗੀ ਹੋਈ ਲੋਕਾਈ (ਆਪਣੇ ਦੁੱਖ) ਰੋ ਰਹੀ ਹੈ ।

ਜਿਸ ਮਨੁੱਖ ਨੂੰ ਸ਼ਾਹ-ਪ੍ਰਭੂ ਦੀ ਰਜ਼ਾ ਦੀ ਸਮਝ ਆ ਜਾਂਦੀ ਹੈ, ਉਸ ਨੂੰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਿਲ ਪੈਂਦਾ ਹੈ, ਉਸ ਦੀ (ਲੋਕ ਪਰਲੋਕ ਵਿਚ) ਵਡਿਆਈ ਹੁੰਦੀ ਹੈ ।੬।

ਹੇ ਭਾਈ! (ਜਗਤ ਵਿਚ ਮਾਇਆ ਦਾ ਪ੍ਰਭਾਵ ਇਤਨਾ ਹੈ ਕਿ) ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਸਿਮਰਨਾ ਬੜਾ ਕਠਨ ਹੋ ਰਿਹਾ ਹੈ, ਨਾਹ ਹੀ ਪ੍ਰਭੂ-ਨਾਮ ਸੁਣਿਆ ਜਾ ਰਿਹਾ ਹੈ (ਮਾਇਆ ਦੇ ਪ੍ਰਭਾਵ ਹੇਠ ਜੀਵ ਨਾਮ ਨਹੀਂ ਸਿਮਰਦੇ, ਨਾਮ ਨਹੀਂ ਸੁਣਦੇ) । ਹੇ ਭਾਈ! ਮੈਂ ਉਹਨਾਂ ਬੰਦਿਆਂ ਤੋਂ ਕੁਰਬਾਨ ਜਾਂਦਾ ਹਾਂ ਜਿਨ੍ਹਾਂ ਨੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤੀ ਹੈ । (ਮੇਰੀ ਇਹੀ ਅਰਦਾਸ ਹੈ ਕਿ ਉਹਨਾਂ ਦੀ ਸੰਗਤਿ ਵਿਚ) ਮੈਨੂੰ ਭੀ ਨਾਮ ਮਿਲੇ ਤੇ ਮੇਰਾ ਜੀਵਨ ਸੰਤੋਖੀ ਹੋ ਜਾਏ, ਮੇਹਰ ਦੀ ਨਜ਼ਰ ਵਾਲੇ ਪ੍ਰਭੂ ਦੇ ਚਰਨਾਂ ਵਿਚ ਮੈਂ ਜੁੜਿਆ ਰਹਾਂ ।੭।

ਹੇ ਭਾਈ! ਜੇ ਸਾਡਾ ਸਰੀਰ ਕਾਗ਼ਜ਼ ਬਣ ਜਾਏ, ਜੇ ਮਨ ਨੂੰ ਸਿਆਹੀ ਦੀ ਦਵਾਤ ਬਣਾ ਲਈਏ, ਜੇ ਸਾਡੀ ਜੀਭ ਪ੍ਰਭੂ ਦੀ ਸਿਫ਼ਤਿ-ਸਾਲਾਹ ਲਿਖਣ ਲਈ ਕਲਮ ਬਣ ਜਾਏ, ਤਾਂ, ਹੇ ਭਾਈ! (ਸੁਭਾਗਤਾ ਇਸੇ ਗੱਲ ਵਿਚ ਹੈ ਕਿ) ਪਰਮਾਤਮਾ ਦੇ ਗੁਣਾਂ ਨੂੰ ਆਪਣੇ ਸੋਚ-ਮੰਦਰ ਵਿਚ ਲਿਆ ਕੇ (ਆਪਣੇ ਅੰਦਰ) ਉੱਕਰਦੇ ਚੱਲੋ । ਹੇ ਨਾਨਕ! ਉਹ ਲਿਖਾਰੀ ਭਾਗਾਂ ਵਾਲਾ ਹੈ ਜੋ ਸਦਾ-ਥਿਰ ਵਾਲੇ ਪ੍ਰਭੂ ਦੇ ਨਾਮ ਨੂੰ ਹਿਰਦੇ ਵਿਚ ਟਿਕਾ ਕੇ (ਆਪਣੇ

ਅੰਦਰ) ਉੱਕਰ ਲੈਂਦਾ ਹੈ ।੮।੩।

ਸੋਰਠਿ ਮਹਲਾ ੧ ਪਹਿਲਾ ਦੁਤੁਕੀ ॥ ਤੂ ਗੁਣਦਾਤੌ ਨਿਰਮਲੋ ਭਾਈ ਨਿਰਮਲੁ ਨਾ ਮਨੁ ਹੋਇ ॥ ਹਮ ਅਪਰਾਧੀ ਨਿਰਗੁਣੇ ਭਾਈ ਤੁਝ ਹੀ ਤੇ ਗੁਣੁ ਸੋਇ ॥੧॥ ਮੇਰੇ ਪ੍ਰੀਤਮਾ ਤੂ ਕਰਤਾ ਕਰਿ ਵੇਖੁ ॥ ਹਉ ਪਾਪੀ ਪਾਖੰਡੀਆ ਭਾਈ ਮਨਿ ਤਨਿ ਨਾਮ ਵਿਸੇਖੁ ॥ ਰਹਾਉ ॥ ਬਿਖੁ ਮਾਇਆ ਚਿਤੁ ਮੋਹਿਆ ਭਾਈ ਚਤੁਰਾਈ ਪਤਿ ਖੋਇ ॥ ਚਿਤ ਮਹਿ ਠਾਕੁਰੁ ਸਚਿ ਵਸੈ ਭਾਈ ਜੇ ਗੁਰ ਗਿਆਨੁ ਸਮੋਇ ॥੨॥ ਰੂੜੌ ਰੂੜੌ ਆਖੀਐ ਭਾਈ ਰੂੜੌ ਲਾਲ ਚਲੂਲੁ ॥ ਜੇ ਮਨੁ ਹਰਿ ਸਿਉ ਬੈਰਾਗੀਐ ਭਾਈ ਦਰਿ ਘਰਿ ਸਾਚੁ ਅਭੂਲੁ ॥੩॥ ਪਾਤਾਲੀ ਆਕਾਸਿ ਤੂ ਭਾਈ ਘਰਿ ਘਰਿ ਤੂ ਗੁਣ ਗਿਆਨੁ ॥ ਗੁਰ ਮਿਲਿਐ ਸੁਖੁ ਪਾਇਆ ਭਾਈ ਚੂਕਾ ਮਨਹੁ ਗੁਮਾਨੁ ॥੪॥ ਜਲਿ ਮਲਿ ਕਾਇਆ ਮਾਜੀਐ ਭਾਈ ਭੀ ਮੈਲਾ ਤਨੁ ਹੋਇ ॥ ਗਿਆਨਿ ਮਹਾ ਰਸਿ ਨਾਈਐ ਭਾਈ ਮਨੁ ਤਨੁ ਨਿਰਮਲੁ ਹੋਇ ॥੫॥ ਦੇਵੀ ਦੇਵਾ ਪੂਜੀਐ ਭਾਈ ਕਿਆ ਮਾਗਉ ਕਿਆ ਦੇਹਿ ॥ ਪਾਹਣੁ ਨੀਰਿ ਪਖਾਲੀਐ ਭਾਈ ਜਲ ਮਹਿ ਬੂਡਹਿ ਤੇਹਿ ॥੬॥ ਗੁਰ ਬਿਨੁ ਅਲਖੁ ਨ ਲਖੀਐ ਭਾਈ ਜਗੁ ਬੂਡੈ ਪਤਿ ਖੋਇ ॥ ਮੇਰੇ ਠਾਕੁਰ ਹਾਥਿ ਵਡਾਈਆ ਭਾਈ ਜੈ ਭਾਵੈ ਤੈ ਦੇਇ ॥੭॥ ਬਈਅਰਿ ਬੋਲੈ ਮੀਠੁਲੀ ਭਾਈ ਸਾਚੁ ਕਹੈ ਪਿਰ ਭਾਇ ॥ ਬਿਰਹੈ ਬੇਧੀ ਸਚਿ ਵਸੀ ਭਾਈ ਅਧਿਕ ਰਹੀ ਹਰਿ ਨਾਇ ॥੮॥ ਸਭੁ ਕੋ ਆਖੈ ਆਪਣਾ ਭਾਈ ਗੁਰ ਤੇ ਬੁਝੈ ਸੁਜਾਨੁ ॥ ਜੋ ਬੀਧੇ ਸੇ ਊਬਰੇ ਭਾਈ ਸਬਦੁ ਸਚਾ ਨੀਸਾਨੁ ॥੯॥ ਈਧਨੁ ਅਧਿਕ ਸਕੇਲੀਐ ਭਾਈ ਪਾਵਕੁ ਰੰਚਕ ਪਾਇ ॥ ਖਿਨੁ ਪਲੁ ਨਾਮੁ ਰਿਦੈ ਵਸੈ ਭਾਈ ਨਾਨਕ ਮਿਲਣੁ ਸੁਭਾਇ ॥੧੦॥੪॥ {ਪੰਨਾ 636-637}

ਪਦਅਰਥ:- ਗੁਣਦਾਤੌ—(ਜੀਵਾਂ ਨੂੰ) ਗੁਣਾਂ ਦੀ ਦਾਤਿ ਦੇਣ ਵਾਲਾ । ਨਿਰਗੁਣੇ—ਗੁਣ-ਹੀਨ । ਤੇ—ਤੋਂ । ਸੋਇ ਗੁਣੁ—ਉਹ (ਨਿਰਮਲਤਾ ਦਾ) ਗੁਣ ।੧।

ਵੇਖੁ—ਸੰਭਾਲ ਕਰ (ਮੇਰੀ) । ਹਉ—ਮੈਂ । ਭਾਈ—ਹੇ ਪ੍ਰਭੂ! ਨਾਮ ਵਿਸੇਖੁ—ਨਾਮ ਦੀ ਵਿਸ਼ੇਸ਼ਤਾ, ਨਾਮ ਦੀ ਮਹੱਤਤਾ ।੧।ਰਹਾਉ।

ਬਿਖੁ—ਜ਼ਹਰ, ਆਤਮਕ ਮੌਤ ਦਾ ਮੂਲ । ਪਤਿ—ਇੱਜ਼ਤ । ਖੋਇ—ਗਵਾ ਲੈਂਦਾ ਹੈ । ਸਚਿ—ਸਦਾ-ਥਿਰ ਪ੍ਰਭੂ ਵਿਚ । ਸਮੋਇ—(ਮਨ ਵਿਚ) ਟਿਕੇ ।੨।

ਰੂੜੌ—ਸੁੰਦਰ, ਸੋਹਣਾ । ਆਖੀਐ—ਸਿਮਰਨਾ ਚਾਹੀਦਾ ਹੈ । ਬੈਰਾਗੀਐ—ਪਿਆਰ ਕਰੇ । ਦਰਿ—ਮਨ ਦੇ ਅੰਦਰ । ਘਰਿ—ਹਿਰਦੇ ਵਿਚ । ਅਭੁਲੁ—ਅਭੁੱਲ ਪ੍ਰਭੂ (ਦਿੱਸ ਪੈਂਦਾ ਹੈ) ।੩।

ਆਕਾਸਿ—ਆਕਾਸ਼ ਵਿਚ । ਘਰਿ ਘਰਿ—ਹਰੇਕ ਹਿਰਦੇ ਵਿਚ । ਗੁਣ ਗਿਆਨੁ—ਗੁਣਾਂ ਦੀ ਜਾਣ-ਪਛਾਣ । ਮਨਹੁ—ਮਨ ਤੋਂ ।੪।

ਜਲਿ—ਜਲ ਨਾਲ । ਮਲਿ—ਮਲ ਕੇ । ਕਾਇਆ—ਸਰੀਰ । ਗਿਆਨਿ—ਗਿਆਨ ਵਿਚ ।੫।

ਮਾਗਉ—ਮੈਂ ਮੰਗਾਂ । ਦੇਹਿ—(ਦੇਵੀ ਦੇਵਤੇ) ਦੇ ਸਕਦੇ ਹਨ । ਪਾਹਣੁ—ਪੱਥਰ । ਨੀਰਿ—ਪਾਣੀ ਵਿਚ । ਪਖਾਲੀਐ—ਧੋਈਏ । ਬੂਡਹਿ—ਡੁੱਬਦੇ ਹਨ । ਤੇਹਿ—ਉਹ (ਪੱਥਰ ਦੇ ਬਣਾਏ ਹੋਏ ਦੇਵੀ ਦੇਵਤੇ) ।੬।

ਅਲਖੁ—ਉਹ ਪ੍ਰਭੂ ਜਿਸ ਦਾ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਬੂਡੈ—ਡੁੱਬਦਾ ਹੈ ।੭।

ਬਈਅਰਿ—ਇਸਤ੍ਰੀ {ਬਾਂਗਰ ਦੀ ਬੋਲੀ}, ਜੀਵ-ਇਸਤ੍ਰ । ਪਿਰ ਭਾਇ—ਪਤੀ ਦੇ ਪ੍ਰੇਮ ਵਿਚ । ਬਿਰਹੈ—ਤੀਬਰ ਵਿਛੋੜੇ ਨਾਲ । ਸਚਿ—ਸਦਾ-ਥਿਰ ਪ੍ਰਭੂ ਵਿਚ । ਨਾਇ—ਨਾਮ ਵਿਚ ।੮।

ਸਭੁ ਕੋ—ਹਰੇਕ ਜੀਵ । ਤੇ—ਤੋਂ । ਬੀਧੇ—ਵਿੱਝ ਗਏ ।੯।

ਈਧਨੁ—ਬਾਲਣ । ਅਧਿਕ—ਬਹੁਤ । ਸਕੇਲੀਐ—ਇਕੱਠਾ ਕਰੀਏ । ਪਾਵਕੁ—ਅੱਗ । ਮਿਲਣੁ—ਮਿਲਾਪ । ਸੁਭਾਇ—ਸਹਿਜੇ ਹੀ ।੧੦।

ਅਰਥ:- ਹੇ ਮੇਰੇ ਪ੍ਰੀਤਮ ਪ੍ਰਭੂ! ਤੂੰ ਮੇਰਾ ਕਰਤਾਰ ਹੈਂ, ਮੈਨੂੰ ਪੈਦਾ ਕਰ ਕੇ (ਹੁਣ ਤੂੰ ਹੀ) ਮੇਰੀ ਸੰਭਾਲ ਕਰ (ਤੇ ਮੈਨੂੰ ਵਿਕਾਰਾਂ ਤੋਂ ਬਚਾ) । ਮੈਂ ਪਾਪੀ ਹਾਂ, ਪਖੰਡੀ ਹਾਂ । ਹੇ ਪਿਆਰੇ! ਮੇਰੇ ਮਨ ਵਿਚ ਮੇਰੇ ਤਨ ਵਿਚ ਆਪਣੇ ਨਾਮ ਦੀ ਮਹੱਤਤਾ (ਪੈਦਾ ਕਰ) ।੧।ਰਹਾਉ।

ਹੇ ਪ੍ਰਭੂ! ਤੂੰ (ਜੀਵਾਂ ਨੂੰ ਆਪਣੇ) ਗੁਣਾਂ ਦੀ ਦਾਤਿ ਦੇਣ ਵਾਲਾ ਹੈਂ, ਤੂੰ ਪਵਿਤ੍ਰ-ਸਰੂਪ ਹੈਂ । (ਪਰ ਵਿਕਾਰਾਂ ਦੇ ਕਾਰਨ) ਸਾਡਾ ਜੀਵਾਂ ਦਾ ਮਨ ਪਵਿਤ੍ਰ ਨਹੀਂ ਹੈ । ਅਸੀ ਪਾਪੀ ਹਾਂ, ਗੁਣ-ਹੀਣ ਹਾਂ । ਹੇ ਪ੍ਰਭੂ! (ਪਵਿਤ੍ਰਤਾ ਦਾ) ਉਹ ਗੁਣ ਤੇਰੇ ਪਾਸੋਂ ਹੀ ਮਿਲ ਸਕਦਾ ਹੈ ।੧।

ਹੇ ਪ੍ਰਭੂ! (ਜੀਵ ਦਾ) ਚਿੱਤ ਆਤਮਕ ਮੌਤ ਲਿਆਉਣ ਵਾਲੀ ਮਾਇਆ ਵਿਚ ਮੋਹਿਆ ਰਹਿੰਦਾ ਹੈ (ਮਾਇਆ ਰੁਚੀ ਵਾਲੀ) ਸਿਆਣਪ ਨਾਲ ਆਪਣੀ ਇੱਜ਼ਤ ਗਵਾ ਲੈਂਦਾ ਹੈ । ਪਰ ਜੇ ਗੁਰੂ ਦਾ (ਦਿੱਤਾ) ਗਿਆਨ ਜੀਵ (ਦੇ ਮਨ ਵਿਚ) ਟਿਕ ਜਾਏ ਤਾਂ ਇਸ ਦੇ ਚਿੱਤ ਵਿਚ ਠਾਕੁਰ ਵੱਸ ਪੈਂਦਾ ਹੈ, ਤਾਂ ਜੀਵ ਸਦਾ-ਥਿਰ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ।੨।

ਹੇ ਭਾਈ! ਪਰਮਾਤਮਾ ਸੁੰਦਰ-ਸਰੂਪ ਹੈ, ਉਸ ਨੂੰ (ਮਾਨੋ ਪਿਆਰ ਦਾ) ਗੂੜ੍ਹਾ ਲਾਲ ਰੰਗ ਚੜ੍ਹਿਆ ਰਹਿੰਦਾ ਹੈ, ਉਸ ਸੁੰਦਰ ਪ੍ਰਭੂ ਨੂੰ ਸਦਾ ਸਿਮਰਨਾ ਚਾਹੀਦਾ ਹੈ । ਜੇ ਜੀਵ ਦਾ ਮਨ ਉਸ ਪਰਮਾਤਮਾ ਨਾਲ ਪ੍ਰੇਮ ਕਰੇ, ਤਾਂ, ਹੇ ਭਾਈ! ਉਸ ਦੇ ਅੰਦਰ ਉਸ ਦੇ ਹਿਰਦੇ ਵਿਚ ਉਹ ਸਦਾ-ਥਿਰ ਤੇ ਅਭੁੱਲ ਪ੍ਰਭੂ (ਪਰਗਟ ਹੋ ਜਾਂਦਾ ਹੈ) ।੩।

ਹੇ ਪ੍ਰਭੂ! ਪਾਤਾਲਾਂ ਵਿਚ ਆਕਾਸ਼ ਵਿਚ ਹਰ ਥਾਂ (ਤੇ) ਹਰੇਕ ਦੇ ਹਿਰਦੇ ਵਿਚ ਤੂੰ ਮੌਜੂਦ ਹੈਂ, ਆਪਣੇ ਗੁਣਾਂ ਦੀ ਜਾਣ-ਪਛਾਣ (ਗੁਰੂ ਦੀ ਰਾਹੀਂ) ਤੂੰ (ਜੀਵਾਂ ਨੂੰ) ਆਪ ਹੀ ਦੇਂਦਾ ਹੈਂ । ਜੇ (ਜੀਵ ਨੂੰ) ਗੁਰੂ ਮਿਲ ਪਏ, ਤਾਂ (ਪ੍ਰਭੂ ਦੇ ਗੁਣਾਂ ਦੀ ਬਰਕਤਿ ਨਾਲ) ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ, ਤੇ ਉਸ ਦੇ ਮਨ ਵਿਚੋਂ ਅਹੰਕਾਰ ਦੂਰ ਹੋ ਜਾਂਦਾ ਹੈ ।੪।

ਹੇ ਭਾਈ! ਜੇ ਪਾਣੀ ਨਾਲ ਮਲ ਮਲ ਕੇ ਸਰੀਰ ਨੂੰ ਮਾਂਜੀਏ ਤਾਂ ਭੀ ਸਰੀਰ ਮੈਲਾ ਹੀ ਰਹਿੰਦਾ ਹੈ । ਪਰ ਜੇ ਪਰਮਾਤਮਾ ਦੇ ਗਿਆਨ (-ਰੂਪ ਜਲ ਵਿਚ) ਪਰਮਾਤਮਾ ਦੇ ਨਾਮ (-ਅੰਮ੍ਰਿਤ) ਵਿਚ ਇਸ਼ਨਾਨ ਕਰੀਏ, ਤਾਂ ਮਨ ਭੀ ਪਵਿਤ੍ਰ ਤੇ ਸਰੀਰ ਭੀ ਪਵਿਤ੍ਰ ਹੋ ਜਾਂਦਾ ਹੈ ।੫।

ਹੇ ਭਾਈ! ਜੇ ਦੇਵੀ ਦੇਵਤਿਆਂ ਦੀਆਂ ਪੱਥਰ ਆਦਿਕ ਦੀਆਂ ਮੂਰਤੀਆਂ ਦੀ ਪੂਜਾ ਕਰੀਏ, ਤਾਂ ਇਹ ਕੁਝ ਭੀ ਨਹੀਂ ਦੇ ਸਕਦੇ, ਮੈਂ ਇਹਨਾਂ ਪਾਸੋਂ ਕੁਝ ਭੀ ਨਹੀਂ ਮੰਗਦਾ । ਪੱਥਰ ਨੂੰ ਪਾਣੀ ਨਾਲ ਧੋਂਦੇ ਰਹੀਏ, ਤਾਂ ਭੀ ਉਹ (ਪੱਥਰ ਦੇ ਬਣਾਏ ਹੋਏ ਦੇਵੀ ਦੇਵਤੇ) ਪਾਣੀ ਵਿਚ ਡੁੱਬ ਜਾਂਦੇ ਹਨ (ਆਪਣੇ ਪੁਜਾਰੀਆਂ ਨੂੰ ਉਹ ਕਿਵੇਂ ਸੰਸਾਰ-ਸਮੁੰਦਰ ਤੋਂ ਤਾਰ ਸਕਦੇ ਹਨ? ।੬।

ਪਰਮਾਤਮਾ ਦੀ ਹਸਤੀ ਬਿਆਨ ਤੋਂ ਪਰੇ ਹੈ ਬਿਆਨ ਨਹੀਂ ਕੀਤੀ ਜਾ ਸਕਦੀ । ਹੇ ਭਾਈ! ਗੁਰੂ ਤੋਂ ਬਿਨਾ

ਜਗਤ (ਵਿਕਾਰਾਂ ਵਿਚ) ਡੁੱਬਦਾ ਹੈ ਤੇ ਆਪਣੀ ਇੱਜ਼ਤ ਗਵਾਂਦਾ ਹੈ । (ਪਰ ਜੀਵਾਂ ਦੇ ਕੀਹ ਵੱਸ?) ਵਡਿਆਈਆਂ ਪਰਮਾਤਮਾ ਦੇ ਆਪਣੇ ਹੱਥ ਵਿਚ ਹਨ । ਜੋ ਉਸ ਨੂੰ ਚੰਗਾ ਲੱਗਦਾ ਹੈ ਉਸ ਨੂੰ ਦੇਂਦਾ ਹੈ ।੭।

ਜੇਹੜੀ ਜੀਵ-ਇਸਤ੍ਰੀ, ਹੇ ਭਾਈ! (ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ) ਮਿੱਠੇ ਬੋਲ ਬੋਲਦੀ ਹੈ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦੀ ਹੈ ਪਤੀ-ਪ੍ਰਭੂ ਦੇ ਪ੍ਰੇਮ ਵਿਚ (ਮਗਨ ਰਹਿੰਦੀ ਹੈ), ਉਹ ਪ੍ਰਭੂ-ਪ੍ਰੇਮ ਵਿਚ ਵਿੱਝੀ ਹੋਈ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ ਵਿਚ ਟਿਕੀ ਰਹਿੰਦੀ ਹੈ, ਉਹ ਬਹੁਤ ਪ੍ਰੇਮ ਕਰ ਕੇ ਪ੍ਰਭੂ ਦੇ ਨਾਮ ਵਿਚ ਜੁੜੀ ਰਹਿੰਦੀ ਹੈ ।੮।

ਹੇ ਭਾਈ! ਹਰੇਕ ਜੀਵ ਮਾਇਆ ਦੀ ਅਪਣੱਤ ਦੀਆਂ ਗੱਲਾਂ ਹੀ ਕਰਦਾ ਹੈ, ਪਰ ਜੇਹੜਾ ਮਨੁੱਖ ਗੁਰੂ ਪਾਸੋਂ (ਜੀਵਨ ਦਾ ਸਹੀ ਰਸਤਾ) ਸਮਝਦਾ ਹੈ ਉਹ ਸਿਆਣਾ ਹੋ ਜਾਂਦਾ ਹੈ (ਉਹ ਮਾਇਆ-ਮੋਹ ਦੇ ਥਾਂ ਪਰਮਾਤਮਾ ਦੀ ਯਾਦ ਵਿਚ ਜੁੜਦਾ ਹੈ) । ਜੇਹੜੇ ਮਨੁੱਖ ਪਰਮਾਤਮਾ ਦੇ ਪ੍ਰੇਮ ਵਿਚ ਵਿੱਝਦੇ ਹਨ ਉਹ (ਮਾਇਆ ਦੇ ਮੋਹ ਵਿਚ ਡੁੱਬਣ ਤੋਂ, ਵਿਕਾਰਾਂ ਵਿਚ ਫਸਣ ਤੋਂ) ਬਚ ਜਾਂਦੇ ਹਨ । ਗੁਰੂ ਦਾ ਸ਼ਬਦ ਉਹਨਾਂ ਪਾਸ ਸਦਾ ਟਿਕਿਆ ਰਹਿਣ ਵਾਲਾ ਪਰਵਾਨਾ ਹੈ ।੯।

ਹੇ ਭਾਈ! ਜੇ ਬਹੁਤ ਸਾਰਾ ਬਾਲਣ ਇਕੱਠਾ ਕਰ ਲਈਏ, ਤੇ ਉਸ ਵਿਚ ਰਤਾ ਕੁ ਅੱਗ ਪਾ ਦੇਈਏ (ਤਾਂ ਉਹ ਸਾਰਾ ਬਾਲਣ ਸੜ ਕੇ ਸੁਆਹ ਹੋ ਜਾਂਦਾ ਹੈ) । ਇਸੇ ਤਰ੍ਹਾਂ, ਹੇ ਨਾਨਕ! ਜੇ ਪਰਮਾਤਮਾ ਦਾ ਨਾਮ ਘੜੀ ਪਲ ਵਾਸਤੇ ਭੀ ਮਨੁੱਖ ਦੇ ਮਨ ਵਿਚ ਵੱਸ ਪਏ (ਤਾਂ ਉਸ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ, ਤੇ) ਸਹਿਜੇ ਹੀ ਉਸ ਦਾ ਮਿਲਾਪ (ਪਰਮਾਤਮਾ ਦੇ ਚਰਨਾਂ ਵਿਚ) ਹੋ ਜਾਂਦਾ ਹੈ ।੧੦।੪।

ਸੋਰਠਿ ਮਹਲਾ ੩ ਘਰੁ ੧ ਤਿਤੁਕੀ ੴ ਸਤਿਗੁਰ ਪ੍ਰਸਾਦਿ ॥ ਭਗਤਾ ਦੀ ਸਦਾ ਤੂ ਰਖਦਾ ਹਰਿ ਜੀਉ ਧੁਰਿ ਤੂ ਰਖਦਾ ਆਇਆ ॥ ਪ੍ਰਹਿਲਾਦ ਜਨ ਤੁਧੁ ਰਾਖਿ ਲਏ ਹਰਿ ਜੀਉ ਹਰਣਾਖਸੁ ਮਾਰਿ ਪਚਾਇਆ ॥ ਗੁਰਮੁਖਾ ਨੋ ਪਰਤੀਤਿ ਹੈ ਹਰਿ ਜੀਉ ਮਨਮੁਖ ਭਰਮਿ ਭੁਲਾਇਆ ॥੧॥ ਹਰਿ ਜੀ ਏਹ ਤੇਰੀ ਵਡਿਆਈ ॥ ਭਗਤਾ ਕੀ ਪੈਜ ਰਖੁ ਤੂ ਸੁਆਮੀ ਭਗਤ ਤੇਰੀ ਸਰਣਾਈ ॥ ਰਹਾਉ ॥ ਭਗਤਾ ਨੋ ਜਮੁ ਜੋਹਿ ਨ ਸਾਕੈ ਕਾਲੁ ਨ ਨੇੜੈ ਜਾਈ ॥ ਕੇਵਲ ਰਾਮ ਨਾਮੁ ਮਨਿ ਵਸਿਆ ਨਾਮੇ ਹੀ ਮੁਕਤਿ ਪਾਈ ॥ ਰਿਧਿ ਸਿਧਿ ਸਭ ਭਗਤਾ ਚਰਣੀ ਲਾਗੀ ਗੁਰ ਕੈ ਸਹਜਿ ਸੁਭਾਈ ॥੨॥ {ਪੰਨਾ 637}

ਨੋਟ:- ਤਿ-ਤੁਕੀ—ਤਿੰਨ ਤੁਕਾਂ ਵਾਲੀ, ਉਹ ਅਸ਼ਟਪਦੀ ਜਿਸ ਦੇ ਹਰੇਕ ਬੰਦ ਵਿਚ ਤਿੰਨ ਤੁਕਾਂ ਹਨ ।

ਪਦਅਰਥ:- ਹਰਿ ਜੀਉ—ਹੇ ਪ੍ਰਭੂ ਜੀ! ਧੁਰਿ—ਧੁਰ ਤੋਂ, ਸ਼ੁਰੂ ਤੋਂ, ਜਦੋਂ ਦਾ ਸੰਸਾਰ ਬਣਿਆ ਹੈ ਤਦੋਂ ਦਾ । ਪ੍ਰਹਿਲਾਦ ਜਨ—ਪ੍ਰਹਿਲਾਦ ਅਤੇ ਇਹੋ ਜਿਹੇ ਹੋਰ ਸੇਵਕ । ਮਾਰਿ—ਮਾਰ ਕੇ । ਪਚਾਇਆ—ਖ਼ੁਆਰ ਕੀਤਾ, ਤਬਾਹ ਕਰ ਦਿੱਤਾ । ਪਰਤੀਤਿ—ਸਰਧਾ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਭਰਮਿ—ਭਟਕਣਾ ਵਿਚ ।੧।

ਵਡਿਆਈ—ਇੱਜ਼ਤ । ਪੈਜ—ਲਾਜ । ਸੁਆਮੀ—ਹੇ ਸੁਆਮੀ! ।ਰਹਾਉ।

ਜਮੁ—ਮੌਤ, ਮੌਤ ਦਾ ਡਰ । ਜੋਹਿ ਨ ਸਾਕੈ—ਤੱਕ ਨਹੀਂ ਸਕਦਾ । ਕਾਲੁ—ਮੌਤ ਦਾ ਡਰ । ਮਨਿ—ਮਨ ਵਿਚ । ਨਾਮੇ ਹੀ—ਨਾਮ ਵਿਚ ਜੁੜ ਕੇ ਹੀ । ਮੁਕਤਿ—ਮੌਤ ਦੇ ਡਰ ਤੋਂ ਖ਼ਲਾਸੀ । ਰਿਧਿ ਸਿਧਿ—ਕਰਾਮਾਤੀ

ਤਾਕਤਾਂ । ਗੁਰ ਕੈ—ਗੁਰੂ ਦੀ ਰਾਹੀਂ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਈ—ਸੁਭਾਇ, ਪ੍ਰੇਮ ਵਿਚ ।੨।

ਅਰਥ:- ਹੇ ਹਰੀ! ਹੇ ਸੁਆਮੀ! ਭਗਤ ਤੇਰੀ ਸਰਨ ਪਏ ਰਹਿੰਦੇ ਹਨ, ਤੂੰ ਆਪਣੇ ਭਗਤਾਂ ਦੀ ਇੱਜ਼ਤ ਰੱਖ । ਹੇ ਹਰੀ! (ਭਗਤਾਂ ਦੀ ਇੱਜ਼ਤ) ਤੇਰੀ ਹੀ ਇੱਜ਼ਤ ਹੈ ।ਰਹਾਉ।

ਹੇ ਹਰੀ! ਤੂੰ ਆਪਣੇ ਭਗਤਾਂ ਦੀ ਇੱਜ਼ਤ ਸਦਾ ਰੱਖਦਾ ਹੈਂ, ਜਦੋਂ ਤੋਂ ਜਗਤ ਬਣਿਆ ਹੈ ਤਦੋਂ ਤੋਂ (ਭਗਤਾਂ ਦੀ ਇੱਜ਼ਤ) ਰੱਖਦਾ ਆ ਰਿਹਾ ਹੈਂ । ਹੇ ਹਰੀ! ਪ੍ਰਹਿਲਾਦ ਭਗਤ ਵਰਗੇ ਅਨੇਕਾਂ ਸੇਵਕਾਂ ਦੀ ਤੂੰ ਇੱਜ਼ਤ ਰੱਖੀ ਹੈ, ਤੂੰ ਹਰਣਾਖਸ ਨੂੰ ਮਾਰ ਕੇ ਮੁਕਾ ਦਿੱਤਾ । ਹੇ ਹਰੀ! ਜੇਹੜੇ ਮਨੁੱਖ ਗੁਰੂ ਦੇ ਸਨਮੁਖ ਰਹਿੰਦੇ ਹਨ ਉਹਨਾਂ ਨੂੰ ਨਿਸ਼ਚਾ ਹੁੰਦਾ ਹੈ (ਕਿ ਤੂੰ ਭਗਤਾਂ ਦੀ ਇੱਜ਼ਤ ਬਚਾਂਦਾ ਹੈਂ, ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ ।੧।

ਹੇ ਭਾਈ! ਭਗਤਾਂ ਨੂੰ ਮੌਤ ਡਰਾ ਨਹੀਂ ਸਕਦੀ, ਮੌਤ ਦਾ ਡਰ ਭਗਤਾਂ ਦੇ ਨੇੜੇ ਨਹੀਂ ਢੁਕਦਾ (ਕਿਉਂਕਿ ਮੌਤ ਦੇ ਡਰ ਦੇ ਥਾਂ) ਸਿਰਫ਼ ਪਰਮਾਤਮਾ ਦਾ ਨਾਮ (ਉਹਨਾਂ ਦੇ) ਮਨ ਵਿਚ ਵੱਸਦਾ ਹੈ, ਨਾਮ ਦੀ ਬਰਕਤਿ ਨਾਲ ਹੀ ਉਹ (ਮੌਤ ਦੇ ਡਰ ਤੋਂ) ਖ਼ਲਾਸੀ ਪ੍ਰਾਪਤ ਕਰ ਲੈਂਦੇ ਹਨ । ਭਗਤ ਗੁਰੂ ਦੀ ਰਾਹੀਂ (ਗੁਰੂ ਦੀ ਸ਼ਰਨ ਪੈ ਕੇ) ਆਤਮਕ ਅਡੋਲਤਾ ਵਿਚ ਪ੍ਰਭੂ-ਪਿਆਰ ਵਿਚ (ਟਿਕੇ ਰਹਿੰਦੇ ਹਨ, ਇਸ ਵਾਸਤੇ) ਸਭ ਕਰਾਮਾਤੀ ਤਾਕਤਾਂ ਭਗਤਾਂ ਦੀ ਚਰਨੀਂ ਲੱਗੀਆਂ ਰਹਿੰਦੀਆਂ ਹਨ ।੨।

ਮਨਮੁਖਾ ਨੋ ਪਰਤੀਤਿ ਨ ਆਵੀ ਅੰਤਰਿ ਲੋਭ ਸੁਆਉ ॥ ਗੁਰਮੁਖਿ ਹਿਰਦੈ ਸਬਦੁ ਨ ਭੇਦਿਓ ਹਰਿ ਨਾਮਿ ਨ ਲਾਗਾ ਭਾਉ ॥ ਕੂੜ ਕਪਟ ਪਾਜੁ ਲਹਿ ਜਾਸੀ ਮਨਮੁਖ ਫੀਕਾ ਅਲਾਉ ॥੩॥ ਭਗਤਾ ਵਿਚਿ ਆਪਿ ਵਰਤਦਾ ਪ੍ਰਭ ਜੀ ਭਗਤੀ ਹੂ ਤੂ ਜਾਤਾ ॥ ਮਾਇਆ ਮੋਹ ਸਭ ਲੋਕ ਹੈ ਤੇਰੀ ਤੂ ਏਕੋ ਪੁਰਖੁ ਬਿਧਾਤਾ ॥ ਹਉਮੈ ਮਾਰਿ ਮਨਸਾ ਮਨਹਿ ਸਮਾਣੀ ਗੁਰ ਕੈ ਸਬਦਿ ਪਛਾਤਾ ॥੪॥ ਅਚਿੰਤ ਕੰਮ ਕਰਹਿ ਪ੍ਰਭ ਤਿਨ ਕੇ ਜਿਨ ਹਰਿ ਕਾ ਨਾਮੁ ਪਿਆਰਾ ॥ ਗੁਰ ਪਰਸਾਦਿ ਸਦਾ ਮਨਿ ਵਸਿਆ ਸਭਿ ਕਾਜ ਸਵਾਰਣਹਾਰਾ ॥ ਓਨਾ ਕੀ ਰੀਸ ਕਰੇ ਸੁ ਵਿਗੁਚੈ ਜਿਨ ਹਰਿ ਪ੍ਰਭੁ ਹੈ ਰਖਵਾਰਾ ॥੫॥ {ਪੰਨਾ 637-638}

ਪਦਅਰਥ:- ਨੋ—ਨੂੰ । ਆਵੀ—ਆਵੈ, ਆਉਂਦੀ । ਲੋਭ ਸੁਆਉ—ਲੋਭ ਦਾ ਸੁਆਰਥ, ਲੋਭ-ਭਰੀ ਗ਼ਰਜ਼ । ਗੁਰਮੁਖਿ—ਗੁਰੂ ਦੀ ਸ਼ਰਨ ਪੈ ਕੇ । ਹਿਰਦੈ—ਹਿਰਦੇ ਵਿਚ । ਭੇਦਿਓ—ਵਿੱਝਿਆ । ਨਾਮਿ—ਨਾਮ ਵਿਚ । ਭਾਉ—ਪਿਆਰ । ਪਾਜੁ—ਮੁਲੰਮਾ । ਲਹਿ ਜਾਸੀ—ਉਤਰ ਜਾਏਗਾ । ਅਲਾਉ—ਅਲਾਪ, ਬੋਲ ।੩।

ਵਰਤਦਾ—ਕੰਮ ਕਰਦਾ । ਭਗਤੀ—ਭਗਤਾਂ ਨੇ । ਤੂ—ਤੈਨੂੰ । ਲੋਕ—ਸ੍ਰਿਸ਼ਟੀ । ਬਿਧਾਤਾ—ਰਚਨਹਾਰ । ਮਨਸਾ—{mnI—w} ਮਨੋ-ਕਾਮਨਾ । ਮਨਹਿ—ਮਨਿ ਹੀ, ਮਨ ਵਿਚ ਹੀ {ਲਫ਼ਜ਼ 'ਮਨਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} । ਸਬਦਿ—ਸ਼ਬਦ ਦੀ ਰਾਹੀਂ ।੪।

ਅਚਿੰਤ—ਚਿੰਤਾ ਤੋਂ ਬਿਨਾ ਹੀ । ਪ੍ਰਭ—ਹੇ ਪ੍ਰਭੂ! ਪਰਸਾਦਿ—ਕਿਰਪਾ ਨਾਲ । ਮਨਿ—ਮਨ ਵਿਚ । ਸਭਿ—ਸਾਰੇ । ਸੁ—ਉਹ (ਮਨੁੱਖ) । ਵਿਗੁਚੈ—ਖ਼ੁਆਰ ਹੁੰਦਾ ਹੈ ।੫।

ਅਰਥ:- ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਨੂੰ (ਪਰਮਾਤਮਾ ਉਤੇ) ਯਕੀਨ ਨਹੀਂ ਬੱਝਦਾ,

ਉਹਨਾਂ ਦੇ ਅੰਦਰ ਲੋਭ-ਭਰੀ ਗ਼ਰਜ਼ ਟਿਕੀ ਰਹਿੰਦੀ ਹੈ । ਗੁਰੂ ਦੀ ਸਰਨ ਪੈ ਕੇ ਉਹਨਾਂ (ਮਨਮੁਖਾਂ) ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਨਹੀਂ ਵਿੱਝਦਾ, ਪਰਮਾਤਮਾ ਦੇ ਨਾਮ ਵਿਚ ਉਹਨਾਂ ਦਾ ਪਿਆਰ ਨਹੀਂ ਬਣਦਾ । ਮਨਮੁਖਾਂ ਦਾ ਬੋਲ ਭੀ ਰੁੱਖਾ ਰੁੱਖਾ ਹੁੰਦਾ ਹੈ । ਪਰ ਉਹਨਾਂ ਦਾ ਝੂਠ ਤੇ ਠੱਗੀ ਦਾ ਪਾਜ ਉੱਘੜ ਹੀ ਜਾਂਦਾ ਹੈ ।੩।

ਹੇ ਪ੍ਰਭੂ! ਆਪਣੇ ਭਗਤਾਂ ਵਿਚ ਤੂੰ ਆਪ ਕੰਮ ਕਰਦਾ ਹੈਂ, ਤੇਰੇ ਭਗਤਾਂ ਨੇ ਹੀ ਤੇਰੇ ਨਾਲ ਡੂੰਘੀ ਸਾਂਝ ਪਾਈ ਹੈ । ਪਰ, ਹੇ ਪ੍ਰਭੂ! ਮਾਇਆ ਦਾ ਮੋਹ ਭੀ ਤੇਰੀ ਹੀ ਰਚਨਾ ਹੈ, ਤੂੰ ਆਪ ਹੀ ਸਰਬ-ਵਿਆਪਕ ਹੈਂ, ਤੇ ਰਚਨਹਾਰ ਹੈਂ, ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸ਼ਬਦਾਂ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਮਨ ਦਾ ਫੁਰਨਾ ਮਨ ਵਿਚ ਹੀ ਲੀਨ ਕਰ ਦਿੱਤਾ ਹੈ, ਉਹਨਾਂ ਨੇ (ਹੇ ਪ੍ਰਭੂ! ਤੇਰੇ ਨਾਲ) ਸਾਂਝ ਪਾ ਲਈ ।੪।

ਹੇ ਪ੍ਰਭੂ! ਜਿਨ੍ਹਾਂ ਨੂੰ ਤੇਰਾ ਹਰਿ-ਨਾਮ ਪਿਆਰਾ ਲੱਗਦਾ ਹੈ ਤੂੰ ਉਹਨਾਂ ਦੇ ਕੰਮ ਕਰ ਦੇਂਦਾ ਹੈ, ਉਹਨਾਂ ਨੂੰ ਕੋਈ ਚਿੰਤਾ-ਫ਼ਿਕਰ ਹੀ ਨਹੀਂ ਹੁੰਦਾ । ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਸਦਾ ਵੱਸਿਆ ਰਹਿੰਦਾ ਹੈ, ਪਰਮਾਤਮਾ ਉਹਨਾਂ ਦੇ ਸਾਰੇ ਕੰਮ ਸਵਾਰ ਦੇਂਦਾ ਹੈ । ਜਿਨ੍ਹਾਂ ਮਨੁੱਖਾਂ ਦਾ ਰਾਖਾ ਪਰਮਾਤਮਾ ਆਪ ਬਣਦਾ ਹੈ, ਉਹਨਾਂ ਦੀ ਬਰਾਬਰੀ ਜੇਹੜਾ ਭੀ ਮਨੁੱਖ ਕਰਦਾ ਹੈ ਉਹ ਖ਼ੁਆਰ ਹੁੰਦਾ ਹੈ ।੫।

ਬਿਨੁ ਸਤਿਗੁਰ ਸੇਵੇ ਕਿਨੈ ਨ ਪਾਇਆ ਮਨਮੁਖਿ ਭਉਕਿ ਮੁਏ ਬਿਲਲਾਈ ॥ ਆਵਹਿ ਜਾਵਹਿ ਠਉਰ ਨ ਪਾਵਹਿ ਦੁਖ ਮਹਿ ਦੁਖਿ ਸਮਾਈ ॥ ਗੁਰਮੁਖਿ ਹੋਵੈ ਸੁ ਅੰਮ੍ਰਿਤੁ ਪੀਵੈ ਸਹਜੇ ਸਾਚਿ ਸਮਾਈ ॥੬॥ ਬਿਨੁ ਸਤਿਗੁਰ ਸੇਵੇ ਜਨਮੁ ਨ ਛੋਡੈ ਜੇ ਅਨੇਕ ਕਰਮ ਕਰੈ ਅਧਿਕਾਈ ॥ ਵੇਦ ਪੜਹਿ ਤੈ ਵਾਦ ਵਖਾਣਹਿ ਬਿਨੁ ਹਰਿ ਪਤਿ ਗਵਾਈ ॥ ਸਚਾ ਸਤਿਗੁਰੁ ਸਾਚੀ ਜਿਸੁ ਬਾਣੀ ਭਜਿ ਛੂਟਹਿ ਗੁਰ ਸਰਣਾਈ ॥੭॥ ਜਿਨ ਹਰਿ ਮਨਿ ਵਸਿਆ ਸੇ ਦਰਿ ਸਾਚੇ ਦਰਿ ਸਾਚੈ ਸਚਿਆਰਾ ॥ ਓਨਾ ਦੀ ਸੋਭਾ ਜੁਗਿ ਜੁਗਿ ਹੋਈ ਕੋਇ ਨ ਮੇਟਣਹਾਰਾ ॥ ਨਾਨਕ ਤਿਨ ਕੈ ਸਦ ਬਲਿਹਾਰੈ ਜਿਨ ਹਰਿ ਰਾਖਿਆ ਉਰਿ ਧਾਰਾ ॥੮॥੧॥ {ਪੰਨਾ 638}

ਪਦਅਰਥ:- ਕਿਨੈ—ਕਿਸੇ ਨੇ ਭੀ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਭਉਕਿ—ਫ਼ਜ਼ੂਲ ਬੋਲ ਕੇ । ਮੁਏ—ਆਤਮਕ ਮੌਤ ਸਹੇੜ ਬੈਠੇ । ਬਿਲਲਾਈ—ਬਿਲਲਾਇ, ਵਿਲਕ ਕੇ । ਆਵਹਿ ਜਾਵਹਿ—ਜੰਮਦੇ ਹਨ ਮਰਦੇ ਹਨ । ਠਉਰ—ਟਿਕਾਣਾ, ਜਨਮ ਮਰਨ ਤੋਂ ਖ਼ਲ੍ਹੀਰ । ਦੁਖਿ—ਦੁੱਖ ਵਿਚ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਸਹਜੇ—ਆਤਮਕ ਅਡੋਲਤਾ ਵਿਚ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਸਮਾਈ—ਲੀਨਤਾ ।੬।

ਜਨਮੁ—ਜਨਮਾਂ ਦਾ ਗੇੜ । ਅਧਿਕਾਈ—ਬਹੁਤ । ਪੜਹਿ—ਪੜ੍ਹਦੇ ਹਨ {ਬਹੁ-ਵਚਨ} । ਤੈ—ਅਤੇ । ਵਾਦ—ਚਰਚਾ, ਬਹਿਸਾਂ । ਪਤਿ—ਇੱਜ਼ਤ । ਸਚਾ—ਸਦਾ-ਥਿਰ (ਪ੍ਰਭੂ ਦਾ ਉਪਦੇਸ਼ ਕਰਨ ਵਾਲਾ) । ਸਾਚੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ । ਭਜਿ—ਭੱਜ ਕੇ, ਦੌੜ ਕੇ । ਛੂਟਹਿ—(ਆਤਮਕ ਮੌਤ ਤੋਂ) ਬਚਦੇ ਹਨ ।੭।

ਮਨਿ—ਮਨ ਵਿਚ । ਦਰਿ—ਪ੍ਰਭੂ ਦੇ ਦਰ ਤੇ । ਸਾਚੇ—ਸੁਰਖ਼-ਰੂ । ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ । ਸਚਿਆਰਾ—ਸੁਰਖ਼-ਰੂ, ਇੱਜ਼ਤ ਵਾਲੇ । ਜੁਗਿ ਜੁਗਿ—ਹਰੇਕ ਜੁਗ ਵਿਚ । ਤਿਨ ਕੈ—ਉਹਨਾਂ ਤੋਂ । ਸਦ—ਸਦਾ । ਉਰਿ—ਹਿਰਦੇ ਵਿਚ ।

ਅਰਥ:- ਹੇ ਭਾਈ! ਗੁਰੂ ਦੀ ਸ਼ਰਨ ਪੈਣ ਤੋਂ ਬਿਨਾ ਕਿਸੇ ਮਨੁੱਖ ਨੇ ਭੀ (ਪਰਮਾਤਮਾ ਦਾ ਮਿਲਾਪ) ਹਾਸਲ

ਨਹੀਂ ਕੀਤਾ । ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਫ਼ਜ਼ੂਲ ਬੋਲ ਬੋਲ ਕੇ ਵਿਲਕ ਵਿਲਕ ਕੇ ਆਤਮਕ ਮੌਤ ਸਹੇੜ ਲੈਂਦੇ ਹਨ । ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ (ਇਸ ਗੇੜ ਤੋਂ ਬਚਣ ਲਈ ਕੋਈ) ਠਾਹਰ ਉਹ ਲੱਭ ਨਹੀਂ ਸਕਦੇ, ਦੁੱਖ ਵਿਚ (ਜੀਵਨ ਬਤੀਤ ਕਰਦੇ ਆਖ਼ਰ) ਦੁੱਖ ਵਿਚ (ਹੀ) ਗ਼ਰਕ ਹੋ ਜਾਂਦੇ ਹਨ । ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ ਉਹ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ, (ਤੇ, ਇਸ ਤਰ੍ਹਾਂ) ਆਤਮਕ ਅਡੋਲਤਾ ਵਿਚ ਸਦਾ-ਥਿਰ ਹਰਿ-ਨਾਮ ਵਿਚ ਲੀਨ ਰਹਿੰਦਾ ਹੈ ।੬।

ਹੇ ਭਾਈ! ਗੁਰੂ ਦੀ ਸ਼ਰਨ ਪੈਣ ਤੋਂ ਬਿਨਾ (ਮਨੁੱਖ ਨੂੰ ਜਨਮਾਂ ਦਾ ਗੇੜ ਨਹੀਂ ਛੱਡਦਾ, ਉਹ ਭਾਵੇਂ ਬਥੇਰੇ ਅਨੇਕਾਂ ਹੀ (ਮਿੱਥੇ ਹੋਏ ਧਾਰਮਿਕ) ਕਰਮ ਕਰਦਾ ਰਹੇ । (ਪੰਡਿਤ ਲੋਕ) ਵੇਦ (ਆਦਿਕ ਧਰਮ-ਪੁਸਤਕਾਂ) ਪੜ੍ਹਦੇ ਹਨ, ਅਤੇ (ਉਹਨਾਂ ਬਾਬਤ ਨਿਰੀਆਂ) ਬਹਿਸਾਂ (ਹੀ) ਕਰਦੇ ਹਨ । (ਯਕੀਨ ਜਾਣੋ ਕਿ) ਪਰਮਾਤਮਾ ਦੇ ਨਾਮ ਤੋਂ ਬਿਨਾ ਉਹਨਾਂ ਨੇ ਪ੍ਰਭੂ-ਦਰ ਤੇ ਆਪਣੀ ਇੱਜ਼ਤ ਗਵਾ ਲਈ ਹੈ ।

ਹੇ ਭਾਈ! ਗੁਰੂ ਸਦਾ-ਥਿਰ ਪ੍ਰਭੂ ਦੇ ਨਾਮ ਦਾ ਉਪਦੇਸ਼ ਕਰਨ ਵਾਲਾ ਹੈ, ਉਸ ਦੀ ਬਾਣੀ ਭੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਾਲੀ ਹੈ । ਜੇਹੜੇ ਮਨੁੱਖ ਦੌੜ ਕੇ ਗੁਰੂ ਦੀ ਸ਼ਰਨ ਜਾ ਪੈਂਦੇ ਹਨ, ਉਹ (ਆਤਮਕ ਮੌਤ ਤੋਂ) ਬਚ ਜਾਂਦੇ ਹਨ ।੭।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼-ਰੂ ਹੋ ਜਾਂਦੇ ਹਨ । ਉਹਨਾਂ ਮਨੁੱਖਾਂ ਦੀ ਵਡਿਆਈ ਹਰੇਕ ਜੁਗ ਵਿਚ ਹੀ ਹੁੰਦੀ ਹੈ, ਕੋਈ (ਨਿੰਦਕ ਆਦਿਕ ਉਹਨਾਂ ਦੀ ਇਸ ਹੋ ਰਹੀ ਵਡਿਆਈ ਨੂੰ) ਮਿਟਾ ਨਹੀਂ ਸਕਦਾ । ਹੇ ਨਾਨਕ! (ਆਖ—) ਮੈਂ ਉਹਨਾਂ ਮਨੁੱਖਾਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ ਪਰਮਾਤਮਾ (ਦੇ ਨਾਮ) ਨੂੰ ਆਪਣੇ ਹਿਰਦੇ ਵਿਚ ਵਸਾ ਰੱਖਿਆ ਹੈ ।੮।੧।

ਸੋਰਠਿ ਮਹਲਾ ੩ ਦੁਤੁਕੀ ॥ ਨਿਗੁਣਿਆ ਨੋ ਆਪੇ ਬਖਸਿ ਲਏ ਭਾਈ ਸਤਿਗੁਰ ਕੀ ਸੇਵਾ ਲਾਇ ॥ ਸਤਿਗੁਰ ਕੀ ਸੇਵਾ ਊਤਮ ਹੈ ਭਾਈ ਰਾਮ ਨਾਮਿ ਚਿਤੁ ਲਾਇ ॥੧॥ ਹਰਿ ਜੀਉ ਆਪੇ ਬਖਸਿ ਮਿਲਾਇ ॥ ਗੁਣਹੀਣ ਹਮ ਅਪਰਾਧੀ ਭਾਈ ਪੂਰੈ ਸਤਿਗੁਰਿ ਲਏ ਰਲਾਇ ॥ ਰਹਾਉ ॥ ਕਉਣ ਕਉਣ ਅਪਰਾਧੀ ਬਖਸਿਅਨੁ ਪਿਆਰੇ ਸਾਚੈ ਸਬਦਿ ਵੀਚਾਰਿ ॥ ਭਉਜਲੁ ਪਾਰਿ ਉਤਾਰਿਅਨੁ ਭਾਈ ਸਤਿਗੁਰ ਬੇੜੈ ਚਾੜਿ ॥੨॥ ਮਨੂਰੈ ਤੇ ਕੰਚਨ ਭਏ ਭਾਈ ਗੁਰੁ ਪਾਰਸੁ ਮੇਲਿ ਮਿਲਾਇ ॥ ਆਪੁ ਛੋਡਿ ਨਾਉ ਮਨਿ ਵਸਿਆ ਭਾਈ ਜੋਤੀ ਜੋਤਿ ਮਿਲਾਇ ॥੩॥ ਹਉ ਵਾਰੀ ਹਉ ਵਾਰਣੈ ਭਾਈ ਸਤਿਗੁਰ ਕਉ ਸਦ ਬਲਿਹਾਰੈ ਜਾਉ ॥ ਨਾਮੁ ਨਿਧਾਨੁ ਜਿਨਿ ਦਿਤਾ ਭਾਈ ਗੁਰਮਤਿ ਸਹਜਿ ਸਮਾਉ ॥੪॥ {ਪੰਨਾ 638}

ਨੋਟ:- ਵੇਖੋ ਗੁਰੂ ਨਾਨਕ ਦੇਵ ਜੀ ਦੀ ਅਸ਼ਟਪਦੀ ਨੰ: ੪ ਉਹ ਭੀ ਦੁਤੁਕੀ ਹੈ । ਉਸ ਵਿਚ ਭੀ ਲਫ਼ਜ਼ 'ਭਾਈ' ਦੀ ਵਰਤੋਂ ਉਵੇਂ ਹੀ ਹੈ ਜਿਵੇਂ ਇਸ ਵਿਚ । ਉਸ ਵਿਚ ਭੀ "ਨਿਗੁਣਿਆਂ" ਦਾ ਹੀ ਜ਼ਿਕਰ ਸ਼ੁਰੂ ਹੁੰਦਾ ਹੈ । ਗੁਰੂ ਅਮਰਦਾਸ ਜੀ ਦੇ ਪਾਸ ਗੁਰੂ ਨਾਨਕ ਦੇਵ ਜੀ ਦੀ ਸਾਰੀ ਬਾਣੀ ਮੌਜੂਦ ਸੀ ।

ਪਦਅਰਥ:- ਨਿਗੁਣਿਆ ਨੋ—ਗੁਣ-ਹੀਨ ਮਨੁੱਖਾਂ ਨੂੰ । ਆਪੇ—ਆਪ ਹੀ । ਭਾਈ—ਹੇ ਭਾਈ! ਲਾਇ—ਲਾ ਕੇ । ਨਾਮਿ—ਨਾਮ ਵਿਚ ।੧।

ਬਖਸਿ—ਮੇਹਰ ਕਰ ਕੇ । ਮਿਲਾਇ—ਮਿਲਾ ਲੈਂਦਾ ਹੈ । ਅਪਰਾਧੀ—ਪਾਪੀ । ਸਤਿਗੁਰਿ—ਗੁਰੂ ਨੇ

।ਰਹਾਉ।

ਬਖਸਿਅਨੁ—ਉਸ ਨੇ ਬਖ਼ਸ਼ੇ ਹਨ । ਕਉਣ ਕਉਣ—ਕੇਹੜੇ ਕੇਹੜੇ? ਬੇਅੰਤ । ਸਾਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਸ਼ਬਦ ਦੀ ਰਾਹੀਂ । ਵੀਚਾਰਿ—ਵਿਚਾਰ ਵਿਚ (ਜੋੜ ਕੇ) । ਉਤਾਰਿਅਨੁ—ਉਸ ਨੇ ਪਾਰ ਲੰਘਾ ਦਿੱਤੇ ਹਨ । ਬੇੜੈ—ਬੇੜੇ ਵਿਚ । ਚਾੜਿ—ਚਾੜ੍ਹ ਕੇ ।੨।

ਮਨੂਰੈ ਤੇ—ਸੜੇ ਹੋਏ ਲੋਹੇ ਤੋਂ । ਕੰਚਨ—ਸੋਨਾ । ਮੇਲਿ—ਮੇਲ ਕੇ । ਆਪੁ—ਆਪਾ-ਭਾਵ । ਮਨਿ—ਮਨ ਵਿਚ ।੩।

ਹਉ—ਮੈਂ । ਵਾਰੀ—ਕੁਰਬਾਨ । ਵਾਰਣੈ—ਸਦਕੇ । ਕਉ—ਨੂੰ, ਤੋਂ । ਸਦ—ਸਦਾ । ਬਲਿਹਾਰੈ—ਕੁਰਬਾਨ । ਜਾਉ—ਜਾਉਂ, ਮੈਂ ਜਾਂਦਾ ਹਾਂ, । ਨਿਧਾਨੁ—ਖ਼ਜ਼ਾਨਾ । ਜਿਨੀ—ਜਿਸ (ਗੁਰੂ) ਨੇ । ਸਹਜਿ—ਆਤਮਕ ਅਡੋਲਤਾ ਵਿਚ । ਸਮਾਉ—ਸਮਾਉਂ, ਮੈਂ ਲੀਨ ਰਹਿੰਦਾ ਹਾਂ ।੪।

ਅਰਥ:- ਹੇ ਭਾਈ! ਅਸੀ ਜੀਵ ਗੁਣਾਂ ਤੋਂ ਸੱਖਣੇ ਹਾਂ, ਵਿਕਾਰੀ ਹਾਂ । ਪੂਰੇ ਗੁਰੂ ਨੇ (ਜਿਨ੍ਹਾਂ ਨੂੰ ਆਪਣੀ ਸੰਗਤਿ ਵਿਚ) ਰਲਾ ਲਿਆ ਹੈ, ਉਹਨਾਂ ਨੂੰ ਪਰਮਾਤਮਾ ਆਪ ਹੀ ਮੇਹਰ ਕਰ ਕੇ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ ।ਰਹਾਉ।

ਹੇ ਭਾਈ! ਗੁਣਾਂ ਤੋਂ ਸੱਖਣੇ ਜੀਵਾਂ ਨੂੰ ਸਤਿਗੁਰੂ ਦੀ ਸੇਵਾ ਵਿਚ ਲਾ ਕੇ ਪਰਮਾਤਮਾ ਆਪ ਹੀ ਬਖ਼ਸ਼ ਲੈਂਦਾ ਹੈ । ਹੇ ਭਾਈ! ਗੁਰੂ ਦੀ ਸ਼ਰਨ-ਸੇਵਾ ਬੜੀ ਸ੍ਰੇਸ਼ਟ ਹੈ, ਗੁਰੂ (ਸ਼ਰਨ ਪਏ ਮਨੁੱਖ ਦਾ) ਮਨ ਪਰਮਾਤਮਾ ਦੇ ਨਾਮ ਵਿਚ ਜੋੜ ਦੇਂਦਾ ਹੈ ।੧।

ਹੇ ਪਿਆਰੇ! ਪਰਮਾਤਮਾ ਨੇ ਅਨੇਕਾਂ ਹੀ ਅਪਰਾਧੀਆਂ ਨੂੰ ਗੁਰੂ ਦੇ ਸੱਚੇ ਸ਼ਬਦ ਦੀ ਰਾਹੀਂ (ਆਤਮਕ ਜੀਵਨ ਦੀ) ਵਿਚਾਰ ਵਿਚ (ਜੋੜ ਕੇ) ਬਖ਼ਸ਼ਿਆ ਹੈ । ਹੇ ਭਾਈ! ਗੁਰੂ ਦੇ (ਸ਼ਬਦ-) ਜਹਾਜ਼ ਵਿਚ ਚਾੜ੍ਹ ਕੇ ਉਸ ਪਰਮਾਤਮਾ ਨੇ (ਅਨੇਕਾਂ ਜੀਵਾਂ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾਇਆ ਹੈ ।੨।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਪਾਰਸ-ਗੁਰੂ (ਆਪਣੀ ਸੰਗਤਿ ਵਿਚ) ਮਿਲਾ ਕੇ (ਪ੍ਰਭੂ-ਚਰਨਾਂ ਵਿਚ) ਜੋੜ ਦੇਂਦਾ ਹੈ, ਉਹ ਮਨੁੱਖ ਸੜੇ ਹੋਏ ਲੋਹੇ ਤੋਂ ਸੋਨਾ ਬਣ ਜਾਂਦੇ ਹਨ । ਹੇ ਭਾਈ! ਆਪਾ-ਭਾਵ ਤਿਆਗ ਕੇ ਉਹਨਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ । ਗੁਰੂ ਉਹਨਾਂ ਦੀ ਸੁਰਤਿ ਨੂੰ ਪ੍ਰਭੂ ਦੀ ਜੋਤਿ ਵਿਚ ਮਿਲਾ ਦੇਂਦਾ ਹੈ ।੩।

ਹੇ ਭਾਈ! ਮੈਂ ਕੁਰਬਾਨ ਜਾਂਦਾ ਹਾਂ, ਮੈਂ ਕੁਰਬਾਨ ਜਾਂਦਾ ਹਾਂ, ਮੈਂ ਗੁਰੂ ਤੋਂ ਸਦਾ ਹੀ ਕੁਰਬਾਨ ਜਾਂਦਾ ਹਾਂ । ਹੇ ਭਾਈ! ਜਿਸ ਗੁਰੂ ਨੇ (ਮੈਨੂੰ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਦਿੱਤਾ ਹੈ, ਉਸ ਗੁਰੂ ਦੀ ਮਤਿ ਲੈ ਕੇ ਮੈਂ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹਾਂ ।੪।

ਗੁਰ ਬਿਨੁ ਸਹਜੁ ਨ ਊਪਜੈ ਭਾਈ ਪੂਛਹੁ ਗਿਆਨੀਆ ਜਾਇ ॥ ਸਤਿਗੁਰ ਕੀ ਸੇਵਾ ਸਦਾ ਕਰਿ ਭਾਈ ਵਿਚਹੁ ਆਪੁ ਗਵਾਇ ॥੫॥ ਗੁਰਮਤੀ ਭਉ ਊਪਜੈ ਭਾਈ ਭਉ ਕਰਣੀ ਸਚੁ ਸਾਰੁ ॥ ਪ੍ਰੇਮ ਪਦਾਰਥੁ ਪਾਈਐ ਭਾਈ ਸਚੁ ਨਾਮੁ ਆਧਾਰੁ ॥੬॥ ਜੋ ਸਤਿਗੁਰੁ ਸੇਵਹਿ ਆਪਣਾ ਭਾਈ ਤਿਨ ਕੈ ਹਉ ਲਾਗਉ ਪਾਇ ॥ ਜਨਮੁ ਸਵਾਰੀ ਆਪਣਾ ਭਾਈ ਕੁਲੁ ਭੀ ਲਈ ਬਖਸਾਇ ॥੭॥ ਸਚੁ ਬਾਣੀ

ਸਚੁ ਸਬਦੁ ਹੈ ਭਾਈ ਗੁਰ ਕਿਰਪਾ ਤੇ ਹੋਇ ॥ ਨਾਨਕ ਨਾਮੁ ਹਰਿ ਮਨਿ ਵਸੈ ਭਾਈ ਤਿਸੁ ਬਿਘਨੁ ਨ ਲਾਗੈ ਕੋਇ ॥੮॥੨॥ {ਪੰਨਾ 638}

ਪਦਅਰਥ:- ਸਹਜੁ—ਆਤਮਕ ਅਡੋਲਤਾ । ਗਿਆਨੀ—ਆਤਮਕ ਜੀਵਨ ਦੀ ਸੂਝ ਵਾਲਾ ਮਨੁੱਖ । ਆਪੁ—ਆਪਾ-ਭਾਵ । ਗਵਾਇ—ਦੂਰ ਕਰ ਕੇ ।੫।

ਭਉ—ਡਰ, ਅਦਬ । ਕਰਣੀ—{krxIX} ਕਰਨ-ਯੋਗ ਕੰਮ । ਸਚੁ—ਸਦਾ-ਥਿਰ ਰਹਿਣ ਵਾਲਾ । ਸਾਰੁ—ਸ੍ਰੇਸ਼ਟ । ਆਧਾਰੁ—ਆਸਰਾ ।੬।

ਤਿਨ ਕੈ ਪਾਇ—ਉਹਨਾਂ ਦੀ ਪੈਰੀਂ । ਲਾਗਉ—ਲਾਗਉਂ, ਮੈਂ ਲੱਗਦਾ ਹਾਂ । ਸਵਾਰੀ—ਸਵਾਰੀਂ, ਮੈਂ ਸਵਾਰਦਾ ਹਾਂ । ਲਈ—ਲਈਂ, ਲੈਂਦਾ ਹਾਂ ।੭।

ਤੇ—ਤੋਂ, ਨਾਲ । ਮਨਿ—ਮਨ ਵਿਚ । ਬਿਘਨੁ—ਰੁਕਾਵਟ ।੮।

ਅਰਥ:- ਹੇ ਭਾਈ! ਆਤਮਕ ਜੀਵਨ ਦੀ ਸੂਝ ਵਾਲੇ ਮਨੁੱਖਾਂ ਨੂੰ ਜਾ ਕੇ ਪੁੱਛ ਲਵੋ, (ਇਹੀ ਉੱਤਰ ਮਿਲੇਗਾ ਕਿ) ਗੁਰੂ ਦੀ ਸ਼ਰਨ ਪੈਣ ਤੋਂ ਬਿਨਾ (ਮਨੁੱਖ ਦੇ ਅੰਦਰ) ਆਤਮਕ ਅਡੋਲਤਾ ਪੈਦਾ ਨਹੀਂ ਹੋ ਸਕਦੀ । (ਇਸ ਵਾਸਤੇ,) ਹੇ ਭਾਈ! ਤੂੰ ਭੀ (ਆਪਣੇ) ਅੰਦਰੋਂ ਆਪਾ-ਭਾਵ ਦੂਰ ਕਰ ਕੇ ਸਦਾ ਗੁਰੂ ਦੀ ਸੇਵਾ ਕਰਿਆ ਕਰ ।੫।

ਹੇ ਭਾਈ! ਗੁਰੂ ਦੀ ਮਤਿ ਉਤੇ ਤੁਰਿਆਂ (ਮਨੁੱਖ ਦੇ ਅੰਦਰ ਪਰਮਾਤਮਾ ਵਾਸਤੇ) ਡਰ-ਅਦਬ ਪੈਦਾ ਹੁੰਦਾ ਹੈ । (ਆਪਣੇ ਅੰਦਰ) ਡਰ-ਅਦਬ (ਪੈਦਾ ਕਰਨਾ ਹੀ) ਕਰਨ-ਜੋਗ ਕੰਮ ਹੈ, ਇਹ ਕੰਮ ਸਦਾ-ਥਿਰ ਰਹਿਣ ਵਾਲਾ ਹੈ, ਇਹੀ ਕੰਮ (ਸਭ ਤੋਂ) ਸ੍ਰੇਸ਼ਟ ਹੈ । ਹੇ ਭਾਈ! (ਇਸ ਡਰ-ਅਦਬ ਦੀ ਬਰਕਤਿ ਨਾਲ) ਪਰਮਾਤਮਾ ਦੇ ਪਿਆਰ ਦਾ ਕੀਮਤੀ ਧਨ ਲੱਭ ਪੈਂਦਾ ਹੈ, ਪਰਮਾਤਮਾ ਦਾ ਸਦਾ-ਥਿਰ ਨਾਮ (ਜ਼ਿੰਦਗੀ ਦਾ) ਆਸਰਾ ਬਣ ਜਾਂਦਾ ਹੈ ।੬।

ਹੇ ਭਾਈ! ਜੇਹੜੇ ਮਨੁੱਖ ਆਪਣੇ ਗੁਰੂ ਦਾ ਆਸਰਾ ਲੈਂਦੇ ਹਨ, ਮੈਂ ਉਹਨਾਂ ਦੀ ਚਰਨੀਂ ਲੱਗਦਾ ਹਾਂ । (ਇਸ ਤਰ੍ਹਾਂ) ਮੈਂ ਆਪਣਾ ਜੀਵਨ ਸੋਹਣਾ ਬਣਾ ਰਿਹਾ ਹਾਂ, ਮੈਂ ਆਪਣੇ ਸਾਰੇ ਖ਼ਾਨਦਾਨ ਵਾਸਤੇ ਭੀ ਪਰਮਾਤਮਾ ਦੀ ਬਖ਼ਸ਼ਸ਼ ਪ੍ਰਾਪਤ ਕਰ ਰਿਹਾ ਹਾਂ ।੭।

ਹੇ ਭਾਈ! ਗੁਰੂ ਦੀ ਕਿਰਪਾ ਨਾਲ ਸਦਾ-ਥਿਰ ਹਰਿ-ਨਾਮ (ਹਿਰਦੇ ਵਿਚ ਆ ਵੱਸਦਾ) ਹੈ, ਸਿਫ਼ਤਿ-ਸਾਲਾਹ ਦੀ ਬਾਣੀ (ਹਿਰਦੇ ਵਿਚ ਆ ਵੱਸਦੀ) ਹੈ, ਸਿਫ਼ਤਿ-ਸਾਲਾਹ ਦਾ ਸ਼ਬਦ ਪ੍ਰਾਪਤ ਹੋ ਜਾਂਦਾ ਹੈ । ਹੇ ਨਾਨਕ! (ਆਖ—) ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਸ ਨੂੰ (ਜੀਵਨ-ਸਫ਼ਰ ਵਿਚ) ਕੋਈ ਔਕੜ ਨਹੀਂ ਵਾਪਰਦੀ ।੮।੨।

ਸੋਰਠਿ ਮਹਲਾ ੩ ॥ ਹਰਿ ਜੀਉ ਸਬਦੇ ਜਾਪਦਾ ਭਾਈ ਪੂਰੈ ਭਾਗਿ ਮਿਲਾਇ ॥ ਸਦਾ ਸੁਖੁ ਸੋਹਾਗਣੀ ਭਾਈ ਅਨਦਿਨੁ ਰਤੀਆ ਰੰਗੁ ਲਾਇ ॥੧॥ ਹਰਿ ਜੀ ਤੂ ਆਪੇ ਰੰਗੁ ਚੜਾਇ ॥ ਗਾਵਹੁ ਗਾਵਹੁ ਰੰਗਿ ਰਾਤਿਹੋ ਭਾਈ ਹਰਿ ਸੇਤੀ ਰੰਗੁ ਲਾਇ ॥ ਰਹਾਉ ॥ ਗੁਰ ਕੀ ਕਾਰ ਕਮਾਵਣੀ ਭਾਈ ਆਪੁ ਛੋਡਿ ਚਿਤੁ ਲਾਇ ॥ ਸਦਾ ਸਹਜੁ ਫਿਰਿ ਦੁਖੁ ਨ ਲਗਈ ਭਾਈ ਹਰਿ ਆਪਿ ਵਸੈ ਮਨਿ ਆਇ ॥੨॥ ਪਿਰ ਕਾ ਹੁਕਮੁ ਨ ਜਾਣਈ ਭਾਈ ਸਾ ਕੁਲਖਣੀ ਕੁਨਾਰਿ ॥ ਮਨਹਠਿ ਕਾਰ

ਕਮਾਵਣੀ ਭਾਈ ਵਿਣੁ ਨਾਵੈ ਕੂੜਿਆਰਿ ॥੩॥ ਸੇ ਗਾਵਹਿ ਜਿਨ ਮਸਤਕਿ ਭਾਗੁ ਹੈ ਭਾਈ ਭਾਇ ਸਚੈ ਬੈਰਾਗੁ ॥ ਅਨਦਿਨੁ ਰਾਤੇ ਗੁਣ ਰਵਹਿ ਭਾਈ ਨਿਰਭਉ ਗੁਰ ਲਿਵ ਲਾਗੁ ॥੪॥ ਸਭਨਾ ਮਾਰਿ ਜੀਵਾਲਦਾ ਭਾਈ ਸੋ ਸੇਵਹੁ ਦਿਨੁ ਰਾਤਿ ॥ ਸੋ ਕਿਉ ਮਨਹੁ ਵਿਸਾਰੀਐ ਭਾਈ ਜਿਸ ਦੀ ਵਡੀ ਹੈ ਦਾਤਿ ॥੫॥ ਮਨਮੁਖਿ ਮੈਲੀ ਡੁੰਮਣੀ ਭਾਈ ਦਰਗਹ ਨਾਹੀ ਥਾਉ ॥ ਗੁਰਮੁਖਿ ਹੋਵੈ ਤ ਗੁਣ ਰਵੈ ਭਾਈ ਮਿਲਿ ਪ੍ਰੀਤਮ ਸਾਚਿ ਸਮਾਉ ॥੬॥ ਏਤੁ ਜਨਮਿ ਹਰਿ ਨ ਚੇਤਿਓ ਭਾਈ ਕਿਆ ਮੁਹੁ ਦੇਸੀ ਜਾਇ ॥ ਕਿੜੀ ਪਵੰਦੀ ਮੁਹਾਇਓਨੁ ਭਾਈ ਬਿਖਿਆ ਨੋ ਲੋਭਾਇ ॥੭॥ ਨਾਮੁ ਸਮਾਲਹਿ ਸੁਖਿ ਵਸਹਿ ਭਾਈ ਸਦਾ ਸੁਖੁ ਸਾਂਤਿ ਸਰੀਰ ॥ ਨਾਨਕ ਨਾਮੁ ਸਮਾਲਿ ਤੂ ਭਾਈ ਅਪਰੰਪਰ ਗੁਣੀ ਗਹੀਰ ॥੮॥੩॥ {ਪੰਨਾ 639}

ਪਦਅਰਥ:- ਸਬਦੇ—ਗੁਰੂ ਦੇ ਸ਼ਬਦ ਦੀ ਰਾਹੀਂ ਹੀ, ਸ਼ਬਦਿ ਹੀ । ਜਾਪਦਾ—ਜਾਣ-ਪਛਾਣ ਬਣਦੀ ਹੈ । ਪੂਰੈ ਭਾਗਿ—ਪੂਰੀ ਕਿਸਮਤ ਨਾਲ । ਸੋਹਾਗਣੀ—ਚੰਗੇ ਭਾਗਾਂ ਵਾਲੀਆਂ, ਖਸਮ-ਸਾਂਈ ਵਾਲੀਆਂ । ਅਨਦਿਨੁ—ਹਰ ਰੋਜ਼, ਹਰ ਵੇਲੇ । ਰੰਗੁ—ਪ੍ਰੇਮ ।੧।

ਆਪੇ—ਆਪ ਹੀ । ਚੜਾਇ—ਚੜਾਂਦਾ ਹੈਂ । ਰੰਗਿ—ਪ੍ਰੇਮ-ਰੰਗ ਵਿਚ । ਰਾਤਿਹੋ—ਹੇ ਰੱਤੇ ਹੋਏ ਸੱਜਣੋ! ਸੇਤੀ—ਨਾਲ । ਲਾਇ—ਲਾ ਕੇ ।ਰਹਾਉ।

ਆਪੁ—ਆਪਾ-ਭਾਵ । ਛੋਡਿ—ਛੱਡ ਕੇ । ਸਹਜੁ—ਆਤਮਕ ਅਡੋਲਤਾ । ਮਨਿ—ਮਨ ਵਿਚ । ਆਇ—ਆ ਕੇ ।੨।

ਪਿਰ ਕਾ—ਪਤੀ ਦਾ । ਜਾਣਈ—ਜਾਣੈ, ਜਾਣਦੀ । ਸਾ—ਉਹ {ਇਸਤ੍ਰੀ ਲਿੰਗ} । ਕੁਲਖਣੀ—ਭੈੜੇ ਲੱਛਣਾਂ ਵਾਲੀ । ਕੁਨਾਰਿ—ਭੈੜੀ ਇਸਤ੍ਰੀ । ਹਠਿ—ਹਠ ਨਾਲ । ਵਿਣੁ ਨਾਵੈ—ਨਾਮ ਤੋਂ ਬਿਨਾ । ਕੂੜਿਆਰਿ—ਝੂਠ ਦੀ ਵਣਜਾਰਨ ।੩।

ਸੇ—ਉਹ {ਬਹੁ-ਵਚਨ} । ਮਸਤਕਿ—ਮੱਥੇ ਉੱਤੇ । ਭਾਇ—ਪਿਆਰ ਦੇ ਕਾਰਨ । ਭਾਇ ਸਚੈ—ਸਦਾ-ਥਿਰ ਪ੍ਰਭੂ ਦੇ ਨਾਲ ਪਿਆਰ ਦੇ ਕਾਰਨ । ਬੈਰਾਗੁ—ਨਿਰਮੋਹਤਾ । ਰਵਹਿ—ਯਾਦ ਕਰਦੇ ਹਨ ।੪।

ਸੇਵਹੁ—ਸੇਵਾ-ਭਗਤੀ ਕਰੋ । ਮਨਹੁ—ਮਨ ਤੋਂ । ਦਾਤਿ—ਬਖ਼ਸ਼ਸ਼ ।੫।

ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ । ਮੈਲੀ—ਵਿਕਾਰਾਂ ਦੀ ਮੈਲ ਨਾਲ ਭਰੀ ਹੋਈ । ਡੁੰਮਣੀ—ਦੋ ਮਨਾਂ ਵਾਲੀ, ਦੁ-ਚਿਤੀ, ਦੁ-ਬਾਜਰੀ । ਰਵੈ—ਸਿਮਰਦੀ ਹੈ । ਮਿਲਿ—ਮਿਲ ਕੇ । ਸਾਚਿ—ਸਦਾ-ਥਿਰ ਹਰੀ ਵਿਚ ।੬।

ਏਤੁ—ਇਸ ਵਿਚ । ਏਤੁ ਜਨਮਿ—ਇਸ ਜਨਮ ਵਿਚ । ਦੇਸੀ—ਦੇਵੇਗਾ । ਕਿੜ—ਆਵਾਜ਼ । ਕਿੜੀ ਪਵੰਦੀ—ਆਵਾਜ਼ਾਂ ਪੈਂਦਿਆਂ ਭੀ, ਉਪਦੇਸ਼ ਮਿਲਦਿਆਂ ਭੀ । ਮੁਹਾਇਓਨੁ—ਉਸ ਨੇ (ਆਪਣੇ ਆਪ ਨੂੰ) ਲੁਟਾ ਲਿਆ । ਬਿਖਿਆ ਨੋ—ਮਾਇਆ ਦੀ ਖ਼ਾਤਰ । ਲੋਭਾਇ—ਲੋਭ ਵਿਚ ਫਸ ਕੇ ।੭।

ਸਮਾਲਹਿ—ਯਾਦ ਕਰਦੇ ਹਨ, ਹਿਰਦੇ ਵਿਚ ਵਸਾਂਦੇ ਹਨ । ਸੁਖਿ—ਸੁਖ ਵਿਚ । ਅਪਰੰਪਰ—ਪਰੇ ਤੋਂ ਪਰੇ । ਗੁਣੀ—ਗੁਣਾਂ ਦਾ ਖ਼ਜ਼ਾਨਾ । ਗਹੀਰ—ਡੂੰਘਾ, ਵੱਡੇ ਜਿਗਰੇ ਵਾਲਾ।੮।

ਅਰਥ:- ਹੇ ਪ੍ਰਭੂ ਜੀ! ਤੂੰ ਆਪ ਹੀ (ਸਰਨ ਆਏ ਜੀਵਾਂ ਦੇ ਹਿਰਦੇ ਉਤੇ ਆਪਣੇ ਪਿਆਰ ਦਾ) ਰੰਗ ਚਾੜ੍ਹਦਾ

ਹੈਂ । ਪ੍ਰਭੂ-ਪਿਆਰ ਦੇ ਰੰਗ ਵਿਚ ਰੰਗੇ ਹੋਏ ਹੇ ਭਰਾਵੋ! ਪਰਮਾਤਮਾ ਨਾਲ ਪਿਆਰ ਪਾ ਕੇ ਉਸ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਿਹਾ ਕਰੋ ।ਰਹਾਉ।

ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪਰਮਾਤਮਾ ਨਾਲ ਜਾਣ-ਪਛਾਣ ਬਣਦੀ ਹੈ, ਪੂਰੀ ਕਿਸਮਤਿ ਨਾਲ (ਗੁਰੂ ਜੀਵ ਨੂੰ ਪਰਮਾਤਮਾ ਨਾਲ) ਮਿਲਾ ਦੇਂਦਾ ਹੈ । ਹੇ ਭਾਈ! ਖਸਮ-ਪ੍ਰਭੂ ਨਾਲ ਪਿਆਰ ਕਰਨ ਵਾਲੀਆਂ ਜੀਵ-ਇਸਤ੍ਰੀਆਂ ਸਦਾ ਆਤਮਕ ਸੁਖ ਮਾਣਦੀਆਂ ਹਨ, ਪ੍ਰਭੂ ਨਾਲ ਪਿਆਰ ਪਾ ਕੇ ਉਹ ਹਰ ਵੇਲੇ ਉਸ ਦੇ ਪ੍ਰੇਮ-ਰੰਗ ਵਿਚ ਰੰਗੀਆਂ ਰਹਿੰਦੀਆਂ ਹਨ ।੧।

ਹੇ ਭਾਈ! ਜੇਹੜੀ ਜੀਵ-ਇਸਤ੍ਰੀ ਆਪਾ-ਭਾਵ ਛੱਡ ਕੇ, ਤੇ, ਮਨ ਲਾ ਕੇ ਗੁਰੂ ਦੀ ਦੱਸੀ ਕਾਰ ਕਰਦੀ ਹੈ, (ਉਸ ਦੇ ਅੰਦਰ) ਸਦਾ ਆਤਮਕ ਅਡੋਲਤਾ ਬਣੀ ਰਹਿੰਦੀ ਹੈ, ਉਸ ਨੂੰ ਕਦੇ ਦੁੱਖ ਪੋਹ ਨਹੀਂ ਸਕਦਾ, ਉਸ ਦੇ ਮਨ ਵਿਚ ਪਰਮਾਤਮਾ ਆਪ ਆ ਵੱਸਦਾ ਹੈ ।੧।

ਹੇ ਭਾਈ! ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੀ ਰਜ਼ਾ ਨੂੰ ਨਹੀਂ ਸਮਝਦੀ, ਉਹ ਕੋਝੇ ਲੱਛਣਾਂ ਵਾਲੀ ਹੈ, ਚੰਦਰੀ ਹੈ । (ਜੇ ਉਹ ਵਿਖਾਵੇ-ਮਾਤਰ) ਮਨ ਦੇ ਹਠ ਨਾਲ (ਗੁਰੂ ਦੀ ਦੱਸੀ) ਕਾਰ ਕਰਦੀ ਹੈ ਤਾਂ ਭੀ, ਹੇ ਭਾਈ! ਉਹ ਨਾਮ ਤੋਂ ਸੱਖਣੀ ਹੀ ਰਹਿੰਦੀ ਹੈ, ਉਹ ਝੂਠ ਦੀ ਹੀ ਵਣਜਾਰਨ ਬਣੀ ਰਹਿੰਦੀ ਹੈ ।੩।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਹਨ, ਸਦਾ-ਥਿਰ ਪ੍ਰਭੂ ਦੇ ਪ੍ਰੇਮ ਦੀ ਬਰਕਤਿ ਨਾਲ (ਉਹਨਾਂ ਦੇ ਅੰਦਰ ਦੁਨੀਆ ਦੇ ਮੋਹ ਵਲੋਂ) ਉਪਰਾਮਤਾ ਪੈਦਾ ਹੋ ਜਾਂਦੀ ਹੈ । ਹੇ ਭਾਈ! ਉਹ (ਪ੍ਰਭੂ-ਪ੍ਰੇਮ ਦੇ ਰੰਗ ਵਿਚ) ਰੰਗੇ ਹੋਏ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦੇ ਹਨ, ਉਹ ਨਿਡਰ ਰਹਿੰਦੇ ਹਨ, ਉਹਨਾਂ ਦੇ ਅੰਦਰ ਗੁਰੂ ਦੀ ਬਖ਼ਸ਼ੀ ਹੋਈ ਪ੍ਰਭੂ-ਚਰਨਾਂ ਦੀ ਲਗਨ ਬਣੀ ਰਹਿੰਦੀ ਹੈ ।੪।

ਹੇ ਭਾਈ! ਦਿਨ ਰਾਤ ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰੋ, ਜੋ ਸਭ ਜੀਵਾਂ ਨੂੰ ਮਾਰਦਾ ਹੈ ਤੇ ਜਿਵਾਂਦਾ ਹੈ । ਹੇ ਭਾਈ! ਜਿਸ ਪਰਮਾਤਮਾ ਦੀ (ਜੀਵਾਂ ਉਤੇ ਕੀਤੀ ਹੋਈ) ਬਖ਼ਸ਼ਸ਼ ਬਹੁਤ ਵੱਡੀ ਹੈ, ਉਸ ਨੂੰ ਮਨ ਤੋਂ ਭੁਲਾਣਾ ਨਹੀਂ ਚਾਹੀਦਾ ।੫।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਵਿਕਾਰਾਂ ਦੀ ਮੈਲ ਨਾਲ ਭਰੀ ਰਹਿੰਦੀ ਹੈ, ਉਸ ਦਾ ਮਨ ਸਦਾ ਡੋਲਦਾ ਰਹਿੰਦਾ ਹੈ (ਇਸ ਵਾਸਤੇ) ਉਸ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਨਹੀਂ ਮਿਲਦੀ । ਪਰ ਹੇ ਭਾਈ! ਜਦੋਂ ਉਹ ਗੁਰੂ ਦੀ ਸ਼ਰਨ ਆ ਪੈਂਦੀ ਹੈ, ਤਦੋਂ ਪਰਮਾਤਮਾ ਦੇ ਗੁਣ ਚੇਤੇ ਕਰਨ ਲੱਗ ਪੈਂਦੀ ਹੈ । ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਉਹ ਉਸ ਸਦਾ-ਥਿਰ ਵਿਚ ਲੀਨ ਹੋ ਜਾਂਦੀ ਹੈ ।੬।

ਹੇ ਭਾਈ! ਜਿਸ ਨੇ ਇਸ ਮਨੁੱਖਾ ਜਨਮ ਵਿਚ ਪਰਮਾਤਮਾ ਨੂੰ ਯਾਦ ਨਾਹ ਕੀਤਾ ਉਹ (ਪਰਲੋਕ ਵਿਚ) ਜਾ ਕੇ ਕੀਹ ਮੂੰਹ ਵਿਖਾਏਗਾ? (ਸ਼ਰਮ-ਸਾਰ ਹੋਵੇਗਾ) । ਹੇ ਭਾਈ! ਮਾਇਆ ਦੀ ਖ਼ਾਤਰ ਲੋਭ ਵਿਚ ਫਸ ਕੇ, (ਸੁਚੇਤ ਰਹਿਣ ਦੀਆਂ) ਵਾਜਾਂ ਪੈਂਦਿਆਂ ਭੀ ਉਸ ਨੇ ਆਪਣਾ ਆਤਮਕ ਜੀਵਨ ਲੁਟਾ ਲਿਆ ।੭।

ਹੇ ਭਾਈ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਂਦੇ ਹਨ, ਉਹ ਆਨੰਦ ਵਿਚ ਵੱਸਦੇ ਹਨ ਉਹਨਾਂ ਦੇ ਸਰੀਰ ਨੂੰ ਸੁਖ ਸ਼ਾਂਤੀ ਪ੍ਰਾਪਤ ਰਹਿੰਦੀ ਹੈ । ਹੇ ਨਾਨਕ! (ਆਖ—) ਹੇ ਭਾਈ! ਤੂੰ ਉਸ ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾਈ ਰੱਖ, ਜੇਹੜਾ ਬਹੁਤ ਬੇਅੰਤ ਹੈ ਜੋ ਗੁਣਾਂ ਦਾ ਮਾਲਕ ਹੈ, ਜੋ ਵੱਡੇ ਜਿਗਰੇ ਵਾਲਾ ਹੈ ।੮।੩।

ਸੋਰਠਿ ਮਹਲਾ ੫ ਘਰੁ ੧ ਅਸਟਪਦੀਆ ੧ੴ ਸਤਿਗੁਰ ਪ੍ਰਸਾਦਿ ॥ ਸਭੁ ਜਗੁ ਜਿਨਹਿ ਉਪਾਇਆ ਭਾਈ ਕਰਣ ਕਾਰਣ ਸਮਰਥੁ ॥ ਜੀਉ ਪਿੰਡੁ ਜਿਨਿ ਸਾਜਿਆ ਭਾਈ ਦੇ ਕਰਿ ਅਪਣੀ ਵਥੁ ॥ ਕਿਨਿ ਕਹੀਐ ਕਿਉ ਦੇਖੀਐ ਭਾਈ ਕਰਤਾ ਏਕੁ ਅਕਥੁ ॥ ਗੁਰੁ ਗੋਵਿੰਦੁ ਸਲਾਹੀਐ ਭਾਈ ਜਿਸ ਤੇ ਜਾਪੈ ਤਥੁ ॥੧॥ ਮੇਰੇ ਮਨ ਜਪੀਐ ਹਰਿ ਭਗਵੰਤਾ ॥ ਨਾਮ ਦਾਨੁ ਦੇਇ ਜਨ ਅਪਨੇ ਦੂਖ ਦਰਦ ਕਾ ਹੰਤਾ ॥ ਰਹਾਉ ॥ ਜਾ ਕੈ ਘਰਿ ਸਭੁ ਕਿਛੁ ਹੈ ਭਾਈ ਨਉ ਨਿਧਿ ਭਰੇ ਭੰਡਾਰ ॥ ਤਿਸ ਕੀ ਕੀਮਤਿ ਨਾ ਪਵੈ ਭਾਈ ਊਚਾ ਅਗਮ ਅਪਾਰ ॥ ਜੀਅ ਜੰਤ ਪ੍ਰਤਿਪਾਲਦਾ ਭਾਈ ਨਿਤ ਨਿਤ ਕਰਦਾ ਸਾਰ ॥ ਸਤਿਗੁਰੁ ਪੂਰਾ ਭੇਟੀਐ ਭਾਈ ਸਬਦਿ ਮਿਲਾਵਣਹਾਰ ॥੨॥ {ਪੰਨਾ 639}

ਪਦਅਰਥ:- ਸਭੁ—ਸਾਰਾ । ਜਿਨਹਿ—ਜਿਨਿ ਹੀ, ਜਿਸ ਨੇ ਹੀ {ਲਫ਼ਜ਼ 'ਜਿਨਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} । ਭਾਈ—ਹੇ ਭਾਈ! ਕਰਣ—ਜਗਤ । ਕਰਣ ਕਾਰਣ—ਜਗਤ ਦਾ ਮੂਲ । ਸਮਰਥੁ—ਸਭ ਤਾਕਤਾਂ ਦਾ ਮਾਲਕ । ਜੀਉ—ਜਿੰਦ । ਪਿੰਡੁ—ਸਰੀਰ । ਦੇ ਕਰਿ—ਦੇ ਕੇ । ਵਥੁ—ਵਸਤ, ਸੱਤਿਆ । ਕਿਨਿ—ਕਿਸ ਦੀ ਰਾਹੀਂ? ਕਿਸ ਪਾਸੋਂ? ਕਹੀਐ—ਕਿਹਾ ਜਾ ਸਕਦਾ ਹੈ, ਬਿਆਨ ਕੀਤਾ ਜਾ ਸਕਦਾ ਹੈ । ਕਿਉ—ਕਿਵੇਂ? ਅਕਥੁ—ਉਹ ਜਿਸ ਦਾ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਗੁਰੁ ਗੋਬਿੰਦੁ—ਗੋਬਿੰਦ ਦਾ ਰੂਪ ਗੁਰੂ । ਜਿਸ ਤੇ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ} ਜਿਸ ਪਾਸੋਂ । ਜਾਪੈ—ਸਮਝੀਦਾ ਹੈ । ਤਥੁ—ਅਸਲੀਅਤ ।੧।

ਦੇਇ—ਦੇਂਦਾ ਹੈ । ਹੰਤਾ—ਨਾਸ ਕਰਨ ਵਾਲਾ ।ਰਹਾਉ।

ਜਾ ਕੈ ਘਰਿ—ਜਿਸ (ਪ੍ਰਭੂ) ਦੇ ਘਰ ਵਿਚ । ਨਉ ਨਿਧਿ—ਜਗਤ ਦੇ ਸਾਰੇ ਨੌ ਹੀ ਖ਼ਜ਼ਾਨੇ । ਭੰਡਾਰ—ਖ਼ਜ਼ਾਨੇ । ਤਿਸ ਕੀ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ} । ਅਗਮ—ਅਪਹੁੰਚ । ਅਪਾਰ—ਬੇਅੰਤ, ਜਿਸ ਦਾ ਪਾਰਲਾ ਬੰਨਾ ਨਹੀਂ ਦਿੱਸਦਾ । ਸਾਰ—ਸੰਭਾਲ । ਭੇਟੀਐ—ਲੱਭੀਏ । ਸਬਦਿ—ਸ਼ਬਦ ਵਿਚ (ਜੋੜ ਕੇ) । ਮਿਲਾਵਣਹਾਰ—ਮਿਲਾ ਸਕਣ ਵਾਲਾ ।੨।

ਅਰਥ:- ਹੇ ਮੇਰੇ ਮਨ! (ਸਦਾ) ਹਰੀ ਭਗਵਾਨ ਦਾ ਨਾਮ ਜਪਣਾ ਚਾਹੀਦਾ ਹੈ । ਉਹ ਭਗਵਾਨ ਆਪਣੇ ਸੇਵਕ ਨੂੰ ਆਪਣੇ ਨਾਮ ਦੀ ਦਾਤਿ ਦੇਂਦਾ ਹੈ । ਉਹ ਸਾਰੇ ਦੁੱਖਾਂ ਪੀੜਾਂ ਦਾ ਨਾਸ ਕਰਨ ਵਾਲਾ ਹੈ ।ਰਹਾਉ।

ਹੇ ਭਾਈ! ਜਿਸ ਪਰਮਾਤਮਾ ਨੇ ਆਪ ਹੀ ਸਾਰਾ ਜਗਤ ਪੈਦਾ ਕੀਤਾ ਹੈ, ਜੋ ਸਾਰੇ ਜਗਤ ਦਾ ਮੂਲ ਹੈ, ਜੋ ਸਾਰੀਆਂ ਤਾਕਤਾਂ ਦਾ ਮਾਲਕ ਹੈ, ਜਿਸ ਨੇ ਆਪਣੀ ਸੱਤਿਆ ਦੇ ਕੇ (ਮਨੁੱਖ ਦਾ) ਜਿੰਦ ਤੇ ਸਰੀਰ ਪੈਦਾ ਕੀਤਾ ਹੈ, ਉਹ ਕਰਤਾਰ (ਤਾਂ) ਕਿਸੇ ਪਾਸੋਂ ਭੀ ਬਿਆਨ ਨਹੀਂ ਕੀਤਾ ਜਾ ਸਕਦਾ । ਹੇ ਭਾਈ! ਉਹ ਕਰਤਾਰ ਦਾ ਸਰੂਪ ਦਸਿਆ ਨਹੀਂ ਜਾ ਸਕਦਾ । ਉਸ ਨੂੰ ਕਿਵੇਂ ਵੇਖਿਆ ਜਾਏ? ਹੇ ਭਾਈ! ਗੋਬਿੰਦ ਦੇ ਰੂਪ ਗੁਰੂ ਦੀ ਸਿਫ਼ਤਿ ਕਰਨੀ ਚਾਹੀਦੀ ਹੈ, ਕਿਉਂਕਿ ਗੁਰੂ ਪਾਸੋਂ ਹੀ ਸਾਰੇ ਜਗਤ ਦੇ ਮੂਲ ਪਰਮਾਤਮਾ ਦੀ ਸੂਝ ਪੈ ਸਕਦੀ ਹੈ ।੧।

ਹੇ ਭਾਈ! ਜਿਸ ਪ੍ਰਭੂ ਦੇ ਘਰ ਵਿਚ ਹਰੇਕ ਚੀਜ਼ ਮੌਜੂਦ ਹੈ, ਜਿਸ ਦੇ ਘਰ ਵਿਚ ਜਗਤ ਦੇ ਸਾਰੇ ਨੌ ਹੀ ਖ਼ਜ਼ਾਨੇ ਮੌਜੂਦ ਹਨ, ਜਿਸ ਦੇ ਘਰ ਵਿਚ ਭੰਡਾਰੇ ਭਰੇ ਪਏ ਹਨ ਉਸ ਦਾ ਮੁੱਲ ਨਹੀਂ ਪੈ ਸਕਦਾ, ਉਹ ਸਭ ਤੋਂ ਉੱਚਾ ਹੈ, ਉਹ ਅਪਹੁੰਚ ਹੈ, ਉਹ ਬੇਅੰਤ ਹੈ । ਹੇ ਭਾਈ! ਉਹ ਪ੍ਰਭੂ ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ, ਉਹ ਸਦਾ ਹੀ (ਸਭ ਜੀਵਾਂ ਦੀ) ਸੰਭਾਲ ਕਰਦਾ ਹੈ । (ਉਸ ਦਾ ਦਰਸਨ ਕਰਨ ਲਈ) ਹੇ ਭਾਈ! ਪੂਰੇ ਗੁਰੂ ਨੂੰ ਮਿਲਣਾ

ਚਾਹੀਦਾ ਹੈ, (ਗੁਰੂ ਹੀ ਆਪਣੇ) ਸ਼ਬਦ ਵਿਚ ਜੋੜ ਕੇ ਪਰਮਾਤਮਾ ਨਾਲ ਮਿਲਾ ਸਕਣ ਵਾਲਾ ਹੈ ।੨।

ਸਚੇ ਚਰਣ ਸਰੇਵੀਅਹਿ ਭਾਈ ਭ੍ਰਮੁ ਭਉ ਹੋਵੈ ਨਾਸੁ ॥ ਮਿਲਿ ਸੰਤ ਸਭਾ ਮਨੁ ਮਾਂਜੀਐ ਭਾਈ ਹਰਿ ਕੈ ਨਾਮਿ ਨਿਵਾਸੁ ॥ ਮਿਟੈ ਅੰਧੇਰਾ ਅਗਿਆਨਤਾ ਭਾਈ ਕਮਲ ਹੋਵੈ ਪਰਗਾਸੁ ॥ ਗੁਰ ਬਚਨੀ ਸੁਖੁ ਊਪਜੈ ਭਾਈ ਸਭਿ ਫਲ ਸਤਿਗੁਰ ਪਾਸਿ ॥੩॥ ਮੇਰਾ ਤੇਰਾ ਛੋਡੀਐ ਭਾਈ ਹੋਈਐ ਸਭ ਕੀ ਧੂਰਿ ॥ ਘਟਿ ਘਟਿ ਬ੍ਰਹਮੁ ਪਸਾਰਿਆ ਭਾਈ ਪੇਖੈ ਸੁਣੈ ਹਜੂਰਿ ॥ ਜਿਤੁ ਦਿਨਿ ਵਿਸਰੈ ਪਾਰਬ੍ਰਹਮੁ ਭਾਈ ਤਿਤੁ ਦਿਨਿ ਮਰੀਐ ਝੂਰਿ ॥ ਕਰਨ ਕਰਾਵਨ ਸਮਰਥੋ ਭਾਈ ਸਰਬ ਕਲਾ ਭਰਪੂਰਿ ॥੪॥ ਪ੍ਰੇਮ ਪਦਾਰਥੁ ਨਾਮੁ ਹੈ ਭਾਈ ਮਾਇਆ ਮੋਹ ਬਿਨਾਸੁ ॥ ਤਿਸੁ ਭਾਵੈ ਤਾ ਮੇਲਿ ਲਏ ਭਾਈ ਹਿਰਦੈ ਨਾਮ ਨਿਵਾਸੁ ॥ ਗੁਰਮੁਖਿ ਕਮਲੁ ਪ੍ਰਗਾਸੀਐ ਭਾਈ ਰਿਦੈ ਹੋਵੈ ਪਰਗਾਸੁ ॥ ਪ੍ਰਗਟੁ ਭਇਆ ਪਰਤਾਪੁ ਪ੍ਰਭ ਭਾਈ ਮਉਲਿਆ ਧਰਤਿ ਅਕਾਸੁ ॥੫॥ {ਪੰਨਾ 639-640}

ਪਦਅਰਥ:- ਸਚੇ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ । ਸਰੇਵੀਅਹਿ—ਸੇਵੇ ਜਾਣੇ ਚਾਹੀਦੇ ਹਨ । ਭ੍ਰਮੁ—ਭਟਕਣਾ । ਮਿਲਿ—ਮਿਲ ਕੇ । ਮਾਂਜੀਐ—ਮਾਂਜਣਾ ਚਾਹੀਦਾ ਹੈ । ਕੈ ਨਾਮਿ—ਦੇ ਨਾਮ ਵਿਚ । ਗਿਆਨ—ਆਤਮਕ ਜੀਵਨ ਦੀ ਸੂਝ । ਅਗਿਆਨਤਾ—ਆਤਮਕ ਜੀਵਨ ਵਲੋਂ ਬੇ-ਸਮਝੀ । ਕਮਲ ਪਰਗਾਸੁ—(ਹਿਰਦੇ ਦੇ) ਕੌਲ ਫੁੱਲ ਦਾ ਖਿੜਾਉ । ਸਭਿ—ਸਾਰੇ ।੩।

ਮੇਰਾ ਤੇਰਾ—ਮੇਰ-ਤੇਰ, ਵਿਤਕਰਾ । ਹੋਈਐ—ਬਣ ਜਾਣਾ ਚਾਹੀਦਾ ਹੈ । ਧੂਰਿ—ਖ਼ਾਕ । ਘਟਿ ਘਟਿ—ਹਰੇਕ ਘਟ ਵਿਚ । ਹਜੂਰਿ—ਅੰਗ-ਸੰਗ ਹੋ ਕੇ । ਜਿਤੁ—ਜਿਸ ਵਿਚ । ਦਿਨਿ—ਦਿਨ ਵਿਚ । ਜਿਤੁ ਦਿਨਿ—ਜਿਸ ਦਿਨ ਵਿਚ । ਤਿਤੁ ਦਿਨਿ—ਉਸ ਦਿਨ ਵਿਚ । ਮਰੀਐ—ਮਰੀਦਾ ਹੈ । ਝੂਰਿ—ਪਛੁਤਾ ਕੇ । ਕਰਨ ਕਰਾਵਨ ਸਮਰਥੋ—ਸਭ ਕੁਝ ਕਰ ਸਕਣ ਵਾਲਾ ਅਤੇ (ਜੀਵਾਂ ਪਾਸੋਂ) ਕਰਾ ਸਕਣ ਵਾਲਾ । ਕਲਾ—ਤਾਕਤ ।੪।

ਪਦਾਰਥੁ—ਕੀਮਤੀ ਧਨ । ਮੋਹ ਬਿਨਾਸੁ—ਮੋਹ ਦਾ ਨਾਸ । ਤਿਸੁ ਭਾਵੈ—ਉਸ (ਪਰਮਾਤਮਾ) ਨੂੰ ਚੰਗਾ ਲੱਗੇ । ਹਿਰਦੈ—ਹਿਰਦੇ ਵਿਚ । ਗੁਰਮੁਖਿ—ਗੁਰੂ ਦੀ ਸ਼ਰਨ ਪਿਆਂ । ਰਿਦੈ—ਹਿਰਦੈ ਵਿਚ । ਪਰਗਾਸੁ—ਚਾਨਣ । ਪ੍ਰਗਟ ਭਇਆ—ਉੱਘੜ ਪੈਂਦਾ ਹੈ । ਪਰਤਾਪੁ—ਤਾਕਤ । ਮਉਲਿਆ—ਖਿੜਿਆ ਹੋਇਆ ।੫।

ਅਰਥ:- ਹੇ ਭਾਈ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਚਰਨ ਹਿਰਦੇ ਵਿਚ ਵਸਾਈ ਰੱਖਣੇ ਚਾਹੀਦੇ ਹਨ, (ਇਸ ਤਰ੍ਹਾਂ ਮਨ ਦੀ) ਭਟਕਣਾ ਦਾ, (ਹਰੇਕ ਕਿਸਮ ਦੇ) ਡਰ ਦਾ ਨਾਸ ਹੋ ਜਾਂਦਾ ਹੈ । ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ ਮਨ ਨੂੰ ਸਾਫ਼ ਕਰਨਾ ਚਾਹੀਦਾ ਹੈ (ਇਸ ਤਰ੍ਹਾਂ) ਪਰਮਾਤਮਾ ਦੇ ਨਾਮ ਵਿਚ (ਮਨ ਦਾ) ਨਿਵਾਸ ਹੋ ਜਾਂਦਾ ਹੈ । (ਸਾਧ ਸੰਗਤਿ ਦੀ ਬਰਕਤਿ ਨਾਲ) ਹੇ ਭਾਈ! ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ (ਮਨੁੱਖ ਦੇ ਅੰਦਰੋਂ) ਮਿਟ ਜਾਂਦਾ ਹੈ (ਹਿਰਦੇ ਦੇ) ਕੌਲ-ਫੁੱਲ ਦਾ ਖਿੜਾਉ ਹੋ ਜਾਂਦਾ ਹੈ । ਹੇ ਭਾਈ! ਗੁਰੂ ਦੇ ਬਚਨਾਂ ਉੱਤੇ ਤੁਰਿਆਂ ਆਤਮਕ ਆਨੰਦ ਪੈਦਾ ਹੁੰਦਾ ਹੈ । ਸਾਰੇ ਫਲ ਗੁਰੂ ਦੇ ਕੋਲ ਹਨ ।੩।

ਹੇ ਭਾਈ! ਵਿਤਕਰਾ ਛੱਡ ਦੇਣਾ ਚਾਹੀਦਾ ਹੈ, ਸਭਨਾਂ ਦੇ ਚਰਨਾਂ ਦੀ ਧੂੜ ਬਣ ਜਾਣਾ ਚਾਹੀਦਾ ਹੈ । ਹੇ ਭਾਈ! ਪਰਮਾਤਮਾ ਹਰੇਕ ਸਰੀਰ ਵਿਚ ਵੱਸ ਰਿਹਾ ਹੈ, ਉਹ ਸਭ ਦੇ ਅੰਗ-ਸੰਗ ਹੋ ਕੇ (ਸਭ ਦੇ ਕੰਮਾਂ ਨੂੰ) ਵੇਖਦਾ ਹੈ (ਸਭਨਾਂ ਦੀਆਂ ਗੱਲਾਂ) ਸੁਣਦਾ ਹੈ । ਹੇ ਭਾਈ! ਜਿਸ ਦਿਨ ਪਰਮਾਤਮਾ ਭੁੱਲ ਜਾਏ, ਉਸ ਦਿਨ ਦੁੱਖੀ ਹੋ ਹੋ ਕੇ ਆਤਮਕ ਮੌਤ ਸਹੇੜ ਲਈਦੀ ਹੈ । ਹੇ ਭਾਈ! (ਇਹ ਯਾਦ ਰੱਖੋ ਕਿ) ਪਰਮਾਤਮਾ ਸਭ ਕੁਝ ਕਰ ਸਕਣ ਵਾਲਾ

ਅਤੇ (ਜੀਵਾਂ ਪਾਸੋਂ) ਕਰਾ ਸਕਣ ਵਾਲਾ ਹੈ । ਪਰਮਾਤਮਾ ਵਿਚ ਸਾਰੀਆਂ ਤਾਕਤਾਂ ਮੌਜੂਦ ਹਨ ।੪।

ਹੇ ਭਾਈ! (ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੇ) ਪਿਆਰ ਦਾ ਕੀਮਤੀ ਧਨ ਮੌਜੂਦ ਹੈ, ਹਰਿ-ਨਾਮ ਮੌਜੂਦ ਹੈ (ਉਸ ਦੇ ਅੰਦਰੋਂ) ਮਾਇਆ ਦੇ ਮੋਹ ਦਾ ਨਾਸ ਹੋ ਜਾਂਦਾ ਹੈ । ਹੇ ਭਾਈ! ਉਸ ਪਰਮਾਤਮਾ ਨੂੰ (ਜਦੋਂ) ਚੰਗਾ ਲੱਗੇ ਤਦੋਂ ਉਹ (ਜਿਸ ਨੂੰ ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ (ਉਸ ਦੇ) ਹਿਰਦੇ ਵਿਚ ਉਸ ਪ੍ਰਭੂ ਦੇ ਨਾਮ ਦਾ ਨਿਵਾਸ ਹੋ ਜਾਂਦਾ ਹੈ । ਹੇ ਭਾਈ! ਗੁਰੂ ਦੇ ਸਨਮੁਖ ਹੋਇਆਂ (ਹਿਰਦੇ ਦਾ) ਕੌਲ-ਫੁੱਲ ਖਿੜ ਪੈਂਦਾ ਹੈ, ਹਿਰਦੇ ਵਿਚ (ਆਤਮਕ ਜੀਵਨ ਦੀ ਸੋਝੀ ਦਾ) ਚਾਨਣ ਹੋ ਜਾਂਦਾ ਹੈ । ਹੇ ਭਾਈ! (ਗੁਰੂ ਦੀ ਸਰਨ ਪਿਆਂ ਮਨੁੱਖ ਦੇ ਅੰਦਰ) ਪਰਮਾਤਮਾ ਦੀ ਤਾਕਤ ਪਰਗਟ ਹੋ ਜਾਂਦੀ ਹੈ (ਮਨੁੱਖ ਨੂੰ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਬੇਅੰਤ ਤਾਕਤ ਦਾ ਮਾਲਕ ਹੈ, ਅਤੇ ਪ੍ਰਭੂ ਦੀ ਤਾਕਤ ਨਾਲ ਹੀ) ਧਰਤੀ ਖਿੜੀ ਹੋਈ ਹੈ, ਆਕਾਸ਼ ਖਿੜਿਆ ਹੋਇਆ ਹੈ ।੫।

ਗੁਰਿ ਪੂਰੈ ਸੰਤੋਖਿਆ ਭਾਈ ਅਹਿਨਿਸਿ ਲਾਗਾ ਭਾਉ ॥ ਰਸਨਾ ਰਾਮੁ ਰਵੈ ਸਦਾ ਭਾਈ ਸਾਚਾ ਸਾਦੁ ਸੁਆਉ ॥ ਕਰਨੀ ਸੁਣਿ ਸੁਣਿ ਜੀਵਿਆ ਭਾਈ ਨਿਹਚਲੁ ਪਾਇਆ ਥਾਉ ॥ ਜਿਸੁ ਪਰਤੀਤਿ ਨ ਆਵਈ ਭਾਈ ਸੋ ਜੀਅੜਾ ਜਲਿ ਜਾਉ ॥੬॥ ਬਹੁ ਗੁਣ ਮੇਰੇ ਸਾਹਿਬੈ ਭਾਈ ਹਉ ਤਿਸ ਕੈ ਬਲਿ ਜਾਉ ॥ ਓਹੁ ਨਿਰਗੁਣੀਆਰੇ ਪਾਲਦਾ ਭਾਈ ਦੇਇ ਨਿਥਾਵੇ ਥਾਉ ॥ ਰਿਜਕੁ ਸੰਬਾਹੇ ਸਾਸਿ ਸਾਸਿ ਭਾਈ ਗੂੜਾ ਜਾ ਕਾ ਨਾਉ ॥ ਜਿਸੁ ਗੁਰੁ ਸਾਚਾ ਭੇਟੀਐ ਭਾਈ ਪੂਰਾ ਤਿਸੁ ਕਰਮਾਉ ॥੭॥ {ਪੰਨਾ 640}

ਪਦਅਰਥ:- ਗੁਰਿ—ਗੁਰੂ ਨੇ । ਸੰਤੋਖਿਆ—ਸੰਤੋਖ ਦਿੱਤਾ । ਅਹਿ—ਦਿਨ । ਨਿਸਿ—ਰਾਤ । ਭਾਉ—ਪ੍ਰੇਮ । ਰਸਨਾ—ਜੀਭ (ਨਾਲ) । ਰਵੈ—ਸਿਮਰਦਾ ਹੈ । ਸਾਚਾ—ਸਦਾ ਕਾਇਮ ਰਹਿਣ ਵਾਲਾ । ਸੁਆਉ—ਸੁਆਰਥ, ਮਨੋਰਥ । ਕਰਨੀ—ਕੰਨਾਂ ਨਾਲ, ਕਰਨੀਂ । ਜੀਅੜਾ—(ਨਿਭਾਗੀ) ਜਿੰਦ । ਜਲਿ ਜਾਉ—ਜਲਿ ਜਾਇ, (ਵਿਕਾਰਾਂ ਵਿਚ) ਸੜ ਜਾਂਦੀ ਹੈ ।੬।

ਸਾਹਿਬੈ—ਸਾਹਿਬ ਵਿਚ । ਹਉ—ਮੈਂ । ਤਿਸ ਕੈ—ਉਸ ਤੋਂ {ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੈ' ਦੇ ਕਾਰਨ ਉੱਡ ਗਿਆ ਹੈ} । ਬਲਿ—ਸਦਕੇ । ਜਾਉ—ਜਾਉਂ, ਜਾਂਦਾ ਹਾਂ । ਦੇਇ—ਦੇਂਦਾ ਹੈ । ਸੰਬਾਹੇ—ਅਪੜਾਂਦਾ ਹੈ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਗੂੜਾ—ਗੂੜ੍ਹਾ ਪ੍ਰੇਮ-ਰੰਗ ਦੇਣ ਵਾਲਾ । ਭੇਟੀਐ—ਮਿਲ ਪੈਂਦਾ ਹੈ । ਕਰਮਾਉ—ਕਿਸਮਤ ।੭।

ਅਰਥ:- ਹੇ ਭਾਈ! ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਸੰਤੋਖ ਦੀ ਦਾਤਿ ਦੇ ਦਿੱਤੀ, (ਉਸ ਦੇ ਅੰਦਰ) ਦਿਨ ਰਾਤ (ਪ੍ਰਭੂ-ਚਰਨਾਂ ਦਾ) ਪਿਆਰ ਬਣਿਆ ਰਹਿੰਦਾ ਹੈ, ਉਹ ਮਨੁੱਖ ਸਦਾ (ਆਪਣੀ) ਜੀਭ ਨਾਲ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ । (ਨਾਮ ਜਪਣ ਦਾ ਇਹ) ਸੁਆਦ (ਇਹ) ਨਿਸ਼ਾਨਾ (ਉਸ ਦੇ ਅੰਦਰ) ਸਦਾ ਕਾਇਮ ਰਹਿੰਦਾ ਹੈ । ਹੇ ਭਾਈ! ਉਹ ਮਨੁੱਖ ਆਪਣੇ ਕੰਨਾਂ ਨਾਲ (ਪਰਮਾਤਮਾ ਦੀ ਸਿਫ਼ਤਿ-ਸਾਲਾਹ) ਸੁਣ ਸੁਣ ਕੇ ਆਤਮਕ ਜੀਵਨ ਹਾਸਲ ਕਰਦਾ ਰਹਿੰਦਾ ਹੈ, ਉਹ ਪ੍ਰਭੂ-ਚਰਨਾਂ ਵਿਚ) ਅਟੱਲ ਥਾਂ ਪ੍ਰਾਪਤ ਕਰੀ ਰੱਖਦਾ ਹੈ ।

ਪਰ, ਹੇ ਭਾਈ! ਜਿਸ ਮਨੁੱਖ ਨੂੰ (ਗੁਰੂ ਉਤੇ) ਇਤਬਾਰ ਨਹੀਂ ਬੱਝਦਾ ਉਸ ਦੀ (ਨਿਭਾਗੀ) ਜਿੰਦ (ਵਿਕਾਰਾਂ ਵਿਚ) ਸੜ ਜਾਂਦੀ ਹੈ (ਆਤਮਕ ਮੌਤ ਸਹੇੜ ਲੈਂਦੀ ਹੈ) ।੬।

ਹੇ ਭਾਈ! ਮੇਰੇ ਮਾਲਕ-ਪ੍ਰਭੂ ਵਿਚ ਬੇਅੰਤ ਗੁਣ ਹਨ, ਮੈਂ ਉਸ ਤੋਂ ਸਦਕੇ-ਕੁਰਬਾਨ ਜਾਂਦਾ ਹਾਂ । ਹੇ ਭਾਈ!

ਉਹ ਮਾਲਕ ਗੁਣ-ਹੀਨ ਨੂੰ (ਭੀ) ਪਾਲਦਾ ਹੈ, ਉਹ ਨਿਆਸਰੇ ਮਨੁੱਖ ਨੂੰ ਸਹਾਰਾ ਦੇਂਦਾ ਹੈ । ਉਹ ਮਾਲਕ ਹਰੇਕ ਸਾਹ ਦੇ ਨਾਲ ਰਿਜ਼ਕ ਅਪੜਾਂਦਾ ਹੈ, ਉਸ ਦਾ ਨਾਮ (ਸਿਮਰਨ ਕਰਨ ਵਾਲੇ ਦੇ ਮਨ ਉੱਤੇ ਪ੍ਰੇਮ ਦਾ) ਗੂੜ੍ਹਾ ਰੰਗ ਚਾੜ੍ਹ ਦੇਂਦਾ ਹੈ । ਹੇ ਭਾਈ! ਜਿਸ ਮਨੁੱਖ ਨੂੰ ਸੱਚਾ ਗੁਰੂ ਮਿਲ ਪੈਂਦਾ ਹੈ (ਉਸ ਨੂੰ ਪ੍ਰਭੂ ਮਿਲ ਪੈਂਦਾ ਹੈ) ਉਸ ਦੀ ਕਿਸਮਤ ਜਾਗ ਪੈਂਦੀ ਹੈ ।੭।

ਤਿਸੁ ਬਿਨੁ ਘੜੀ ਨ ਜੀਵੀਐ ਭਾਈ ਸਰਬ ਕਲਾ ਭਰਪੂਰਿ ॥ ਸਾਸਿ ਗਿਰਾਸਿ ਨ ਵਿਸਰੈ ਭਾਈ ਪੇਖਉ ਸਦਾ ਹਜੂਰਿ ॥ ਸਾਧੂ ਸੰਗਿ ਮਿਲਾਇਆ ਭਾਈ ਸਰਬ ਰਹਿਆ ਭਰਪੂਰਿ ॥ ਜਿਨਾ ਪ੍ਰੀਤਿ ਨ ਲਗੀਆ ਭਾਈ ਸੇ ਨਿਤ ਨਿਤ ਮਰਦੇ ਝੂਰਿ ॥੮॥ ਅੰਚਲਿ ਲਾਇ ਤਰਾਇਆ ਭਾਈ ਭਉਜਲੁ ਦੁਖੁ ਸੰਸਾਰੁ ॥ ਕਰਿ ਕਿਰਪਾ ਨਦਰਿ ਨਿਹਾਲਿਆ ਭਾਈ ਕੀਤੋਨੁ ਅੰਗੁ ਅਪਾਰੁ ॥ ਮਨੁ ਤਨੁ ਸੀਤਲੁ ਹੋਇਆ ਭਾਈ ਭੋਜਨੁ ਨਾਮ ਅਧਾਰੁ ॥ ਨਾਨਕ ਤਿਸੁ ਸਰਣਾਗਤੀ ਭਾਈ ਜਿ ਕਿਲਬਿਖ ਕਾਟਣਹਾਰੁ ॥੯॥੧॥ {ਪੰਨਾ 640}

ਪਦਅਰਥ:- ਨ ਜੀਵੀਐ—ਨਹੀਂ ਜੀ ਸਕੀਦਾ, ਆਤਮਕ ਜੀਵਨ ਨਹੀਂ ਮਿਲ ਸਕਦਾ । ਕਲਾ—ਤਾਕਤਾਂ । ਸਾਸਿ—(ਹਰੇਕ) ਸਾਹ ਦੇ ਨਾਲ । ਗਿਰਾਸਿ—ਗਿਰਾਹੀ ਦੇ ਨਾਲ । ਸਾਸਿ ਗਿਰਾਸਿ—ਸਾਹ ਲੈਂਦਿਆਂ ਤੇ ਖਾਂਦਿਆਂ । ਪੇਖਉ—ਪੇਖਉਂ, ਮੈਂ ਵੇਖਦਾ ਹਾਂ । ਹਜੂਰਿ—ਅੰਗ-ਸੰਗ । ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ । ਮਰਦੇ—ਆਤਮਕ ਮੌਤ ਸਹੇੜਦੇ ਹਨ । ਝੂਰਿ—ਚਿੰਤਾਤੁਰ ਹੋ ਕੇ ।੮।

ਅੰਚਲਿ—ਪੱਲੇ ਨਾਲ, ਲੜ ਨਾਲ । ਭਉਜਲੁ—ਸੰਸਾਰ-ਸਮੁੰਦਰ । ਕਰਿ—ਕਰ ਕੇ । ਨਦਰਿ—ਮੇਹਰ ਦੀ ਨਿਗਾਹ । ਨਿਹਾਲਿਆ—ਤੱਕਿਆ । ਕੀਤੋਨੁ—ਉਸ ਨੇ ਕੀਤਾ । ਅੰਗੁ—ਪੱਖ । ਅਪਾਰੁ—ਬੇਅੰਤ । ਸੀਤਲੁ—ਠੰਢਾ । ਅਧਾਰੁ—ਆਸਰਾ । ਕਿਲਬਿਖ—ਪਾਪ । ਕਾਟਣਹਾਰੁ—ਕੱਟ ਸਕਣ ਵਾਲਾ । ਜਿ—ਜੇਹੜਾ ।੯।

ਅਰਥ:- ਹੇ ਭਾਈ! ਉਹ ਪਰਮਾਤਮਾ ਸਾਰੀਆਂ ਤਾਕਤਾਂ ਨਾਲ ਭਰਪੂਰ ਹੈ, ਉਸ (ਦੀ ਯਾਦ) ਤੋਂ ਬਿਨਾ ਇਕ ਘੜੀ ਭਰ ਭੀ (ਮਨੁੱਖ ਦਾ) ਆਤਮਕ ਜੀਵਨ ਕਾਇਮ ਨਹੀਂ ਰਹਿ ਸਕਦਾ । ਹੇ ਭਾਈ! ਮੈਂ ਤਾਂ ਉਸ ਪਰਮਾਤਮਾ ਨੂੰ ਆਪਣੇ ਅੰਗ ਸੰਗ ਵੱਸਦਾ ਵੇਖਦਾ ਹਾਂ, ਮੈਨੂੰ ਉਹ ਖਾਂਦਿਆਂ ਸਾਹ ਲੈਂਦਿਆਂ ਕਦੇ ਭੀ ਨਹੀਂ ਭੁੱਲਦਾ । ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਨੇ ਗੁਰੂ ਦੀ ਸੰਗਤਿ ਵਿਚ ਮਿਲਾ ਦਿੱਤਾ, ਉਸ ਨੂੰ ਉਹ ਪਰਮਾਤਮਾ ਸਭ ਥਾਂ ਮੌਜੂਦ ਦਿੱਸਣ ਲੱਗ ਪੈਂਦਾ ਹੈ । ਪਰ, ਹੇ ਭਾਈ! ਜਿਨ੍ਹਾਂ ਦੇ ਅੰਦਰ ਪਰਮਾਤਮਾ ਦਾ ਪਿਆਰ ਪੈਦਾ ਨਹੀਂ ਹੁੰਦਾ, ਉਹ ਸਦਾ ਚਿੰਤਾਤੁਰ ਹੋ ਹੋ ਕੇ ਆਤਮਕ ਮੌਤ ਸਹੇੜਦੇ ਰਹਿੰਦੇ ਹਨ ।੮।

ਹੇ ਭਾਈ! (ਸਰਨ ਪਏ ਮਨੁੱਖ ਨੂੰ) ਆਪਣੇ ਪੱਲੇ ਲਾ ਕੇ ਪਰਮਾਤਮਾ ਆਪ ਇਸ ਦੁੱਖ-ਰੂਪ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ । ਪ੍ਰਭੂ (ਉਸ ਉਤੇ) ਕਿਰਪਾ ਕਰ ਕੇ (ਉਸ ਨੂੰ) ਮੇਹਰ ਦੀ ਨਿਗਾਹ ਨਾਲ ਵੇਖਦਾ ਹੈ, ਉਸ ਦਾ ਬੇਅੰਤ ਪੱਖ ਕਰਦਾ ਹੈ । ਹੇ ਭਾਈ! ਉਸ ਮਨੁੱਖ ਦਾ ਮਨ ਠੰਢਾ ਹੋ ਜਾਂਦਾ ਹੈ, ਸਰੀਰ ਸ਼ਾਂਤ ਹੋ ਜਾਂਦਾ ਹੈ, ਉਹ (ਆਪਣੇ ਆਤਮਕ ਜੀਵਨ ਵਾਸਤੇ) ਨਾਮ ਦੀ ਖ਼ੁਰਾਕ (ਖਾਂਦਾ ਹੈ), ਨਾਮ ਦਾ ਸਹਾਰਾ ਲੈਂਦਾ ਹੈ । ਹੇ ਨਾਨਕ! (ਆਖ—) ਹੇ ਭਾਈ! ਉਸ ਪਰਮਾਤਮਾ ਦੀ ਸਰਨ ਪਵੋ, ਜੋ ਸਾਰੇ ਪਾਪ ਕੱਟ ਸਕਦਾ ਹੈ ।੯।੧।

ਸੋਰਠਿ ਮਹਲਾ ੫ ॥ ਮਾਤ ਗਰਭ ਦੁਖ ਸਾਗਰੋ ਪਿਆਰੇ ਤਹ ਅਪਣਾ ਨਾਮੁ ਜਪਾਇਆ ॥ ਬਾਹਰਿ ਕਾਢਿ ਬਿਖੁ ਪਸਰੀਆ ਪਿਆਰੇ ਮਾਇਆ ਮੋਹੁ ਵਧਾਇਆ ॥ ਜਿਸ ਨੋ ਕੀਤੋ ਕਰਮੁ ਆਪਿ

ਪਿਆਰੇ ਤਿਸੁ ਪੂਰਾ ਗੁਰੂ ਮਿਲਾਇਆ ॥ ਸੋ ਆਰਾਧੇ ਸਾਸਿ ਸਾਸਿ ਪਿਆਰੇ ਰਾਮ ਨਾਮ ਲਿਵ ਲਾਇਆ ॥੧॥ ਮਨਿ ਤਨਿ ਤੇਰੀ ਟੇਕ ਹੈ ਪਿਆਰੇ ਮਨਿ ਤਨਿ ਤੇਰੀ ਟੇਕ ॥ ਤੁਧੁ ਬਿਨੁ ਅਵਰੁ ਨ ਕਰਨਹਾਰੁ ਪਿਆਰੇ ਅੰਤਰਜਾਮੀ ਏਕ ॥ ਰਹਾਉ ॥ ਕੋਟਿ ਜਨਮ ਭ੍ਰਮਿ ਆਇਆ ਪਿਆਰੇ ਅਨਿਕ ਜੋਨਿ ਦੁਖੁ ਪਾਇ ॥ ਸਾਚਾ ਸਾਹਿਬੁ ਵਿਸਰਿਆ ਪਿਆਰੇ ਬਹੁਤੀ ਮਿਲੈ ਸਜਾਇ ॥ ਜਿਨ ਭੇਟੈ ਪੂਰਾ ਸਤਿਗੁਰੂ ਪਿਆਰੇ ਸੇ ਲਾਗੇ ਸਾਚੈ ਨਾਇ ॥ ਤਿਨਾ ਪਿਛੈ ਛੁਟੀਐ ਪਿਆਰੇ ਜੋ ਸਾਚੀ ਸਰਣਾਇ ॥੨॥ {ਪੰਨਾ 640}

ਪਦਅਰਥ:- ਮਾਤ ਗਰਭ—ਮਾਂ ਦਾ ਪੇਟ । ਸਾਗਰੋ—ਸਮੁੰਦਰ । ਤਹ—ਉਥੇ, ਉਸ ਪੇਟ ਵਿਚ । ਕਾਢਿ—ਕੱਢ ਕੇ । ਬਿਖੁ—ਜ਼ਹਰ, ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੀ ਮਾਇਆ ਦੇ ਮੋਹ ਦੀ ਜ਼ਹਰ । ਪਸਰੀਆ—ਖਿਲਾਰ ਦਿੱਤੀ । ਜਿਸ ਨੋ—(ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਕਰਮੁ—ਬਖ਼ਸ਼ਸ਼ । ਤਿਸੁ—ਉਸ ਮਨੁੱਖ ਨੂੰ । ਆਰਾਧੇ—ਸਿਮਰਦਾ ਹੈ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਲਿਵ—ਲਗਨ, ਪ੍ਰੀਤੀ ।੧।

ਮਨਿ—ਮਨ ਵਿਚ । ਤਨਿ—ਤਨ ਵਿਚ, ਹਿਰਦੇ ਵਿਚ । ਟੇਕ—ਆਸਰਾ । ਅਵਰੁ—ਕੋਈ ਹੋਰ । ਅੰਤਰਜਾਮੀ—ਦਿਲ ਦੀ ਜਾਣਨ ਵਾਲਾ ।ਰਹਾਉ।

ਕੋਟਿ—ਕ੍ਰੋੜਾਂ । ਭ੍ਰਮਿ—ਭਟਕ ਕੇ । ਪਾਇ—ਪਾ ਕੇ, ਸਹਾਰ ਕੇ । ਸਾਚਾ—ਸਦਾ ਕਾਇਮ ਰਹਿਣ ਵਾਲਾ । ਜਿਨ—ਜਿਨ੍ਹਾਂ ਨੂੰ । ਭੇਟੈ—ਮਿਲਦਾ ਹੈ । ਨਾਇ—ਨਾਮ ਵਿਚ । ਸਾਚੈ ਨਾਇ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਨਾਮ ਵਿਚ । ਤਿਨਾ ਪਿਛੈ—ਉਹਨਾਂ ਦੀ ਸਰਨ ਪੈ ਕੇ । ਛੁਟੀਐ—(ਮਾਇਆ ਦੇ ਮੋਹ ਤੋਂ) ਬਚ ਜਾਈਦਾ ਹੈ ।੨।

ਅਰਥ:- ਹੇ ਪਿਆਰੇ ਪ੍ਰਭੂ! (ਮੇਰੇ) ਮਨ ਵਿਚ (ਮੇਰੇ) ਹਿਰਦੇ ਵਿਚ ਸਦਾ ਤੇਰਾ ਹੀ ਆਸਰਾ ਹੈ (ਤੂੰ ਹੀ ਮਾਇਆ ਦੇ ਮੋਹ ਤੋਂ ਬਚਾਣ ਵਾਲਾ ਹੈਂ) । ਹੇ ਪਿਆਰੇ ਪ੍ਰਭੂ! ਤੂੰ ਹੀ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ । ਤੈਥੋਂ ਬਿਨਾ ਹੋਰ ਕੋਈ ਨਹੀਂ ਜੋ ਸਭ ਕੁਝ ਕਰਨ ਦੀ ਸਮਰਥਾ ਵਾਲਾ ਹੋਵੇ ।ਰਹਾਉ।

ਹੇ ਪਿਆਰੇ (ਭਾਈ)! ਮਾਂ ਦਾ ਪੇਟ ਦੁੱਖਾਂ ਦਾ ਸਮੁੰਦਰ ਹੈ, ਉਥੇ (ਪ੍ਰਭੂ ਨੇ ਜੀਵ ਪਾਸੋਂ) ਆਪਣੇ ਨਾਮ ਦਾ ਸਿਮਰਨ ਕਰਾਇਆ (ਤੇ, ਇਸ ਨੂੰ ਦੁੱਖਾਂ ਤੋਂ ਬਚਾਈ ਰੱਖਿਆ) । ਮਾਂ ਦੇ ਪੇਟ ਵਿਚੋਂ ਕੱਢ ਕੇ (ਜਨਮ ਦੇ ਕੇ, ਪ੍ਰਭੂ ਨੇ ਜੀਵ ਵਾਸਤੇ, ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੀ ਮਾਇਆ ਦੇ ਮੋਹ ਦੀ) ਜ਼ਹਰ ਖਿਲਾਰ ਰੱਖੀ (ਤੇ, ਇਸ ਤਰ੍ਹਾਂ ਜੀਵ ਦੇ ਹਿਰਦੇ ਵਿਚ) ਮਾਇਆ ਦਾ ਮੋਹ ਵਧਾ ਦਿੱਤਾ । ਹੇ ਭਾਈ! ਜਿਸ ਮਨੁੱਖ ਉੱਤੇ ਆਪ ਪ੍ਰਭੂ ਮੇਹਰ ਕਰਦਾ ਹੈ, ਉਸ ਨੂੰ ਪੂਰਾ ਗੁਰੂ ਮਿਲਾਂਦਾ ਹੈ । ਉਹ ਮਨੁੱਖ ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਸਿਮਰਨ ਕਰਦਾ ਹੈ, ਤੇ, ਪਰਮਾਤਮਾ ਦੇ ਨਾਮ ਦੀ ਲਗਨ (ਆਪਣੇ ਅੰਦਰ) ਬਣਾਈ ਰੱਖਦਾ ਹੈ ।੧।

ਹੇ ਭਾਈ! ਅਨੇਕਾਂ ਜੂਨਾਂ ਦੇ ਦੁੱਖ ਸਹਾਰ ਕੇ, ਕ੍ਰੋੜਾਂ ਜਨਮਾਂ ਵਿਚ ਭਟਕ ਕੇ (ਜੀਵ ਮਨੁੱਖਾ ਜਨਮ ਵਿਚ) ਆਉਂਦਾ ਹੈ, (ਪਰ ਇੱਥੇ ਇਸ ਨੂੰ) ਸਦਾ ਕਾਇਮ ਰਹਿਣ ਵਾਲਾ ਮਾਲਕ ਭੁੱਲ ਜਾਂਦਾ ਹੈ, ਤੇ, ਇਸ ਨੂੰ ਬੜੀ ਸਜ਼ਾ ਮਿਲਦੀ ਹੈ । ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਹ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਸੁਰਤਿ ਜੋੜਦੇ ਹਨ । ਹੇ ਭਾਈ! ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ, ਉਹਨਾਂ ਦੇ ਪੂਰਨਿਆਂ ਤੇ ਤੁਰ ਕੇ (ਮਾਇਆ ਦੇ ਮੋਹ ਦੀ ਜ਼ਹਿਰ ਤੋਂ) ਬਚ ਜਾਈਦਾ ਹੈ ।੨।

ਮਿਠਾ ਕਰਿ ਕੈ ਖਾਇਆ ਪਿਆਰੇ ਤਿਨਿ ਤਨਿ ਕੀਤਾ ਰੋਗੁ ॥ ਕਉੜਾ ਹੋਇ ਪਤਿਸਟਿਆ ਪਿਆਰੇ ਤਿਸ ਤੇ ਉਪਜਿਆ ਸੋਗੁ ॥ ਭੋਗ ਭੁੰਚਾਇ ਭੁਲਾਇਅਨੁ ਪਿਆਰੇ ਉਤਰੈ ਨਹੀ ਵਿਜੋਗੁ ॥ ਜੋ ਗੁਰ ਮੇਲਿ ਉਧਾਰਿਆ ਪਿਆਰੇ ਤਿਨ ਧੁਰੇ ਪਇਆ ਸੰਜੋਗੁ ॥੩॥ ਮਾਇਆ ਲਾਲਚਿ ਅਟਿਆ ਪਿਆਰੇ ਚਿਤਿ ਨ ਆਵਹਿ ਮੂਲਿ ॥ ਜਿਨ ਤੂ ਵਿਸਰਹਿ ਪਾਰਬ੍ਰਹਮ ਸੁਆਮੀ ਸੇ ਤਨ ਹੋਏ ਧੂੜਿ ॥ ਬਿਲਲਾਟ ਕਰਹਿ ਬਹੁਤੇਰਿਆ ਪਿਆਰੇ ਉਤਰੈ ਨਾਹੀ ਸੂਲੁ ॥ ਜੋ ਗੁਰ ਮੇਲਿ ਸਵਾਰਿਆ ਪਿਆਰੇ ਤਿਨ ਕਾ ਰਹਿਆ ਮੂਲੁ ॥੪॥ {ਪੰਨਾ 641}

ਪਦਅਰਥ:- ਤਿਨਿ—ਉਸ (ਮਿੱਠੇ) ਨੇ । ਤਨਿ—ਸਰੀਰ ਵਿਚ । ਕਉੜਾ—ਦੁਖਦਾਈ । ਪਤਿਸਟਿਆ—ਟਿਕ ਗਿਆ {pÔQw—to stand firmly} । ਤਿਸ ਤੇ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਤੇ' ਕਾਰਨ ਉੱਡ ਗਿਆ ਹੈ} । ਸੋਗੁ—ਗ਼ਮ, ਚਿੰਤਾ । ਭੋਗ—ਦੁਨੀਆ ਦੇ ਸੁਆਦਲੇ ਪਦਾਰਥ । ਭੁੰਚਾਇ—ਖਵਾ ਕੇ । ਭੁਲਾਇਅਨੁ—ਉਸ (ਪ੍ਰਭੂ) ਨੇ ਕੁਰਾਹੇ ਪਾ ਦਿੱਤਾ । ਵਿਜੋਗੁ—ਵਿਛੋੜਾ । ਗੁਰ ਮੇਲਿ—ਗੁਰੂ ਨੂੰ ਮਿਲਾ ਕੇ । ਉਧਾਰਿਆ—ਵਿਕਾਰਾਂ ਤੋਂ ਬਚਾ ਲਿਆ । ਤਿਨ ਸੰਜੋਗੁ—ਉਹਨਾਂ ਦਾ (ਪ੍ਰਭੂ ਨਾਲ) ਮਿਲਾਪ । ਧੁਰੇ—ਧੁਰ ਤੋਂ ਹੀ, ਪ੍ਰਭੂ ਦੀ ਹਜ਼ੂਰੀ ਵਿਚੋਂ ਹੀ । ਪਇਆ—ਲਿਖਿਆ ਪਿਆ ਸੀ ।੩।

ਲਾਲਚਿ—ਲਾਲਚ ਵਿਚ । ਅਟਿਆ—ਲਿਬੜਿਆ । ਚਿਤਿ—ਚਿੱਤ ਵਿਚ । ਮੂਲਿ—ਬਿਲਕੁਲ ਹੀ । ਪਾਰਬ੍ਰਹਮ—ਹੇ ਪਰਮਾਤਮਾ! ਸੇ ਤਨ—{ਬਹੁ-ਵਚਨ} ਉਹ ਸਰੀਰ । ਧੂੜਿ—ਮਿੱਟੀ, ਖ਼ਾਕ । ਬਿਲਲਾਟ—ਵਿਰਲਾਪ । ਕਰਹਿ—ਕਰਦੇ ਹਨ । ਸੂਲੁ—ਪੀੜ । ਤਿਨ ਕਾ ਮੂਲੁ—ਉਹਨਾਂ ਦਾ ਆਤਮਕ ਜੀਵਨ ਦਾ ਸਰਮਾਇਆ । ਰਹਿਆ—ਬਚਿਆ ਰਹਿੰਦਾ ਹੈ ।੪।

ਅਰਥ:- ਹੇ ਭਾਈ! ਮਨੁੱਖ ਨੇ (ਸਾਰੀ ਉਮਰ ਦੁਨੀਆ ਦੇ ਪਦਾਰਥਾਂ ਨੂੰ) ਮਿੱਠੇ ਮੰਨ ਕੇ ਖਾਧਾ, ਉਸ ਮਿੱਠੇ ਨੇ (ਉਸ ਦੇ) ਸਰੀਰ ਵਿਚ ਰੋਗ ਪੈਦਾ ਕਰ ਦਿੱਤਾ । ਉਹ ਰੋਗ ਦੁਖਦਾਈ ਹੋ ਕੇ ਸਰੀਰ ਵਿਚ ਪੱਕਾ ਟਿਕ ਜਾਂਦਾ ਹੈ ਉਸ (ਰੋਗ) ਤੋਂ ਚਿੰਤਾ-ਗ਼ਮ ਪੈਦਾ ਹੁੰਦੀ ਹੈ । ਦੁਨੀਆ ਦੇ ਪਦਾਰਥ ਖਵਾ ਖਵਾ ਕੇ ਉਸ ਪਰਮਾਤਮਾ ਨੇ (ਆਪ ਹੀ ਜੀਵ ਨੂੰ) ਕੁਰਾਹੇ ਪਾ ਰੱਖਿਆ ਹੈ । (ਪਰਮਾਤਮਾ ਨਾਲੋਂ ਜੀਵ ਦਾ) ਵਿਛੋੜ ਮੁੱਕਣ ਵਿਚ ਨਹੀਂ ਆਉਂਦਾ । ਜਿਨ੍ਹਾਂ ਜੀਵਾਂ ਨੂੰ ਗੁਰੂ ਨਾਲ ਮਿਲਾ ਕੇ ਪ੍ਰਭੂ ਨੇ (ਪਦਾਰਥਾਂ ਦੇ ਭੋਗਾਂ ਤੋਂ) ਬਚਾ ਲਿਆ, ਧੁਰੋਂ ਲਿਖੇ ਅਨੁਸਾਰ ਉਹਨਾਂ ਦਾ (ਪਰਮਾਤਮਾ ਨਾਲ) ਮਿਲਾਪ ਹੋ ਗਿਆ ।੩।

ਹੇ ਪਿਆਰੇ ਪ੍ਰਭੂ! ਜੇਹੜੇ ਮਨੁੱਖ (ਸਦਾ) ਮਾਇਆ ਦੇ ਲਾਲਚ ਵਿਚ ਫਸੇ ਰਹਿੰਦੇ ਹਨ, ਉਹਨਾਂ ਦੇ ਚਿੱਤ ਵਿਚ ਤੂੰ ਉੱਕਾ ਹੀ ਨਹੀਂ ਵੱਸਦਾ । ਹੇ ਮਾਲਕ ਪ੍ਰਭੂ! ਜਿਨ੍ਹਾਂ ਨੂੰ ਤੇਰੀ ਯਾਦ ਭੁੱਲ ਜਾਂਦੀ ਹੈ ਉਹ ਸਰੀਰ (ਆਤਮਕ ਜੀਵਨ ਦੀ ਪੂੰਜੀ ਬਣਾਣ ਤੋਂ ਬਿਨਾ ਹੀ) ਮਿੱਟੀ ਹੋ ਜਾਂਦੇ ਹਨ । (ਮਾਇਆ ਦੇ ਮੋਹ ਕਾਰਨ ਦੁੱਖੀ ਹੋ ਹੋ ਕੇ) ਉਹ ਬਥੇਰੇ ਵਿਲਕਦੇ ਹਨ, ਪਰ ਉਹਨਾਂ ਦੇ ਅੰਦਰ ਦਾ ਉਹ ਦੁੱਖ ਦੂਰ ਨਹੀਂ ਹੁੰਦਾ ।

ਹੇ ਭਾਈ! ਗੁਰੂ ਨਾਲ ਮਿਲਾ ਕੇ ਜਿਨ੍ਹਾਂ ਦਾ ਜੀਵਨ ਪਰਮਾਤਮਾ ਸੋਹਣਾ ਬਣਾ ਦੇਂਦਾ ਹੈ, ਉਹਨਾਂ ਦਾ ਆਤਮਕ ਜੀਵਨ ਦਾ ਸਰਮਾਇਆ ਬਚਿਆ ਰਹਿੰਦਾ ਹੈ ।੪।

ਸਾਕਤ ਸੰਗੁ ਨ ਕੀਜਈ ਪਿਆਰੇ ਜੇ ਕਾ ਪਾਰਿ ਵਸਾਇ ॥ ਜਿਸੁ ਮਿਲਿਐ ਹਰਿ ਵਿਸਰੈ ਪਿਆਰੇ ਸੁੋ ਮੁਹਿ ਕਾਲੈ ਉਠਿ ਜਾਇ ॥ ਮਨਮੁਖਿ ਢੋਈ ਨਹ ਮਿਲੈ ਪਿਆਰੇ ਦਰਗਹ ਮਿਲੈ ਸਜਾਇ ॥ ਜੋ ਗੁਰ ਮੇਲਿ ਸਵਾਰਿਆ ਪਿਆਰੇ ਤਿਨਾ ਪੂਰੀ ਪਾਇ ॥੫॥ ਸੰਜਮ ਸਹਸ ਸਿਆਣਪਾ ਪਿਆਰੇ ਇਕ ਨ

ਚਲੀ ਨਾਲਿ ॥ ਜੋ ਬੇਮੁਖ ਗੋਬਿੰਦ ਤੇ ਪਿਆਰੇ ਤਿਨ ਕੁਲਿ ਲਾਗੈ ਗਾਲਿ ॥ ਹੋਦੀ ਵਸਤੁ ਨ ਜਾਤੀਆ ਪਿਆਰੇ ਕੂੜੁ ਨ ਚਲੀ ਨਾਲਿ ॥ ਸਤਿਗੁਰੁ ਜਿਨਾ ਮਿਲਾਇਓਨੁ ਪਿਆਰੇ ਸਾਚਾ ਨਾਮੁ ਸਮਾਲਿ ॥੬॥ {ਪੰਨਾ 641}

ਪਦਅਰਥ:- ਸਾਕਤ ਸੰਗੁ—ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦਾ ਸਾਥ । ਕੀਜਈ—ਕਰਨਾ ਚਾਹੀਦਾ । ਜੇਕਾ—ਜਿਤਨਾ ਕੁ । ਪਾਰਿ ਵਸਾਇ—ਵੱਸ ਚੱਲ ਸਕੇ । ਜਿਸੁ ਮਿਲਿਐ—ਜਿਸ (ਸਾਕਤ) ਨੂੰ ਮਿਲਿਆਂ । ਸੁੋ—{ਅਸਲ ਲਫ਼ਜ਼ 'ਸੋ' ਹੈ, ਇਥੇ 'ਸੁ' ਪੜ੍ਹਨਾ ਹੈ} । ਮੁਹਿ ਕਾਲੈ—ਕਾਲੇ ਮੂੰਹ ਨਾਲ, ਬਦਨਾਮੀ ਖੱਟ ਕੇ । ਉਠਿ—ਉੱਠ ਕੇ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਢੋਈ—ਥਾਂ, ਆਸਰਾ । ਗੁਰ ਮੇਲਿ—ਗੁਰੂ ਨੂੰ ਮਿਲਾ ਕੇ । ਪੂਰੀ ਪਾਇ—ਸਫਲਤਾ ਪ੍ਰਾਪਤ ਹੁੰਦੀ ਹੈ ।੫।

ਸੰਜਮ—ਜੁਗਤਿ । ਸਹਸ—ਹਜ਼ਾਰਾਂ । ਨਾਲਿ ਨ ਚਲੀ—ਮਦਦ ਨਹੀਂ ਕਰਦੀ । ਤੇ—ਤੋਂ । ਕੁਲਿ—ਕੁਲ ਵਿਚ, ਖ਼ਾਨਦਾਨ ਵਿਚ । ਗਾਲਿ—ਕਲੰਕ । ਕੂੜੁ—ਝੂਠ । ਮਿਲਾਇਓਨੁ—ਉਸ (ਪਰਮਾਤਮਾ) ਨੇ ਮਿਲਾ ਦਿੱਤਾ । ਸਾਚਾ—ਸਦਾ-ਥਿਰ । ਸਮਾਲਿ—ਸਮਾਲਹਿ, ਸੰਭਾਲਦੇ ਹਨ, ਹਿਰਦੇ ਵਿਚ ਵਸਾਂਦੇ ਹਨ ।੬।

ਅਰਥ:- ਹੇ ਭਾਈ! ਜਿਥੋਂ ਤਕ ਵੱਸ ਲੱਗੇ, ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦਾ ਸਾਥ ਨਹੀਂ ਕਰਨਾ ਚਾਹੀਦਾ, ਕਿਉਂਕਿ ਉਸ ਮਨੁੱਖ ਨੂੰ ਮਿਲਿਆਂ ਪਰਮਾਤਮਾ ਵਿਸਰ ਜਾਂਦਾ ਹੈ । (ਜੇਹੜਾ ਮਨੁੱਖ ਸਾਕਤ ਦਾ ਸੰਗ ਕਰਦਾ ਹੈ) ਉਹ ਬਦਨਾਮੀ ਖੱਟ ਕੇ ਹੀ ਦੁਨੀਆ ਤੋਂ ਚਲਾ ਜਾਂਦਾ ਹੈ । ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਪਰਮਾਤਮਾ ਦੀ ਦਰਗਾਹ ਵਿਚ ਥਾਂ ਨਹੀਂ ਮਿਲਦੀ, (ਉਸ ਨੂੰ ਸਗੋਂ ਉਥੇ) ਸਜ਼ਾ ਮਿਲਦੀ ਹੈ । ਪਰ, ਹੇ ਭਾਈ! ਗੁਰੂ ਦੇ ਨਾਲ ਮਿਲਾ ਕੇ ਜਿਨ੍ਹਾਂ ਮਨੁੱਖਾਂ ਦਾ ਜੀਵਨ ਪਰਮਾਤਮਾ ਨੇ ਸੋਹਣਾ ਬਣਾ ਦਿੱਤਾ ਹੈ, ਉਹਨਾਂ ਨੂੰ ਸਫਲਤਾ ਪ੍ਰਾਪਤ ਹੁੰਦੀ ਹੈ ।੫।

ਹੇ ਭਾਈ! (ਵਰਤ ਨੇਮ ਆਦਿਕ) ਹਜ਼ਾਰਾਂ ਸੰਜਮ ਤੇ ਹਜ਼ਾਰਾਂ ਸਿਆਣਪਾਂ (ਜੇ ਮਨੁੱਖ ਕਰਦਾ ਰਹੇ, ਤਾਂ ਇਹਨਾਂ ਵਿਚੋਂ) ਇੱਕ ਭੀ (ਪਰਲੋਕ ਵਿਚ) ਮਦਦ ਨਹੀਂ ਕਰਦੀ । ਜੇਹੜੇ ਮਨੁੱਖ ਪਰਮਾਤਮਾ ਵਲੋਂ ਆਪਣਾ ਮੂੰਹ ਭਵਾਈ ਰੱਖਦੇ ਹਨ, ਉਹਨਾਂ ਦੇ (ਤਾਂ) ਖ਼ਾਨਦਾਨ ਵਿਚ (ਭੀ) ਕਲੰਕ ਦਾ ਟਿੱਕਾ ਲੱਗ ਜਾਂਦਾ ਹੈ । (ਸਾਕਤ ਮਨੁੱਖ ਹਿਰਦੇ ਵਿਚ) ਵੱਸਦੇ (ਕੀਮਤੀ ਹਰਿ-ਨਾਮ) ਪਦਾਰਥ ਨਾਲ ਸਾਂਝ ਨਹੀਂ ਪਾਂਦਾ (ਦੁਨੀਆ ਦੇ ਨਾਸਵੰਤ ਪਦਾਰਥਾਂ ਨਾਲ ਹੀ ਮੋਹ ਪਾਈ ਰੱਖਦਾ ਹੈ, ਪਰ ਕੋਈ ਭੀ) ਨਾਸਵੰਤ ਪਦਾਰਥ (ਪਰਲੋਕ ਵਿਚ) ਨਾਲ ਨਹੀਂ ਜਾਂਦਾ । ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਉਸ ਪਰਮਾਤਮਾ ਨੇ ਗੁਰੂ ਮਿਲਾ ਦਿੱਤਾ ਹੈ ਉਹ ਮਨੁੱਖ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ (ਆਪਣੇ ਹਿਰਦੇ ਵਿਚ) ਵਸਾਈ ਰੱਖਦੇ ਹਨ ।੬।

ਸਤੁ ਸੰਤੋਖੁ ਗਿਆਨੁ ਧਿਆਨੁ ਪਿਆਰੇ ਜਿਸ ਨੋ ਨਦਰਿ ਕਰੇ ॥ ਅਨਦਿਨੁ ਕੀਰਤਨੁ ਗੁਣ ਰਵੈ ਪਿਆਰੇ ਅੰਮ੍ਰਿਤਿ ਪੂਰ ਭਰੇ ॥ ਦੁਖ ਸਾਗਰੁ ਤਿਨ ਲੰਘਿਆ ਪਿਆਰੇ ਭਵਜਲੁ ਪਾਰਿ ਪਰੇ ॥ ਜਿਸੁ ਭਾਵੈ ਤਿਸੁ ਮੇਲਿ ਲੈਹਿ ਪਿਆਰੇ ਸੇਈ ਸਦਾ ਖਰੇ ॥੭॥ ਸੰਮ੍ਰਥ ਪੁਰਖੁ ਦਇਆਲ ਦੇਉ ਪਿਆਰੇ ਭਗਤਾ ਤਿਸ ਕਾ ਤਾਣੁ ॥ ਤਿਸੁ ਸਰਣਾਈ ਢਹਿ ਪਏ ਪਿਆਰੇ ਜਿ ਅੰਤਰਜਾਮੀ ਜਾਣੁ ॥ ਹਲਤੁ ਪਲਤੁ ਸਵਾਰਿਆ ਪਿਆਰੇ ਮਸਤਕਿ ਸਚੁ ਨੀਸਾਣੁ ॥ ਸੋ ਪ੍ਰਭੁ ਕਦੇ ਨ ਵੀਸਰੈ ਪਿਆਰੇ ਨਾਨਕ ਸਦ ਕੁਰਬਾਣੁ ॥੮॥੨॥ {ਪੰਨਾ 641}

ਪਦਅਰਥ:- ਸਤੁ—ਦਾਨ, ਸੇਵਾ । ਗਿਆਨੁ—ਆਤਮਕ ਜੀਵਨ ਦੀ ਸੂਝ । ਧਿਆਨੁ—ਪ੍ਰਭੂ-ਚਰਨਾਂ ਵਿਚ

ਸੁਰਤਿ ਦਾ ਜੁੜੇ ਰਹਿਣਾ । ਜਿਸ ਨੋ—ਜਿਸ ਉਤੇ {ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਅਨਦਿਨੁ—ਹਰ ਰੋਜ਼, ਹਰ ਵੇਲੇ । ਰਵੈ—ਚੇਤੇ ਕਰਦਾ ਹੈ । ਅੰਮ੍ਰਿਤਿ—ਅੰਮ੍ਰਿਤ ਨਾਲ, ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਨਾਲ । ਪੂਰ ਭਰੇ—ਭਰਪੂਰ । ਸਾਗਰੁ—ਸਮੁੰਦਰ । ਭਵਜਲੁ—ਸੰਸਾਰ-ਸਮੁੰਦਰ । ਪਰੇ—ਪਹੁੰਚ ਗਏ । ਜਿਸੁ ਭਾਵੈ—ਜੋ ਤੈਨੂੰ ਚੰਗਾ ਲੱਗਦਾ ਹੈ । ਮੇਲਿ ਲੈਹਿ—ਤੂੰ ਮੇਲ ਲੈਂਦਾ ਹੈਂ । ਖਰੇ—ਚੰਗੇ, ਚੰਗੇ ਜੀਵਨ ਵਾਲੇ ।੭।

ਸੰਮ੍ਰਥ—ਸਾਰੀਆਂ ਤਾਕਤਾਂ ਦਾ ਮਾਲਕ । ਪੁਰਖੁ—ਸਰਬ-ਵਿਆਪਕ । ਦੇਉ—ਪ੍ਰਕਾਸ਼-ਰੂਪ । ਤਿਸ ਕਾ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਤਾਣੁ—ਆਸਰਾ । ਜਿ—ਜੇਹੜਾ । ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਜਾਣੁ—ਸੁਜਾਨ, ਸਿਆਣਾ । ਹਲਤੁ—ਇਹ ਲੋਕ । ਪਲਤੁ—ਪਰਲੋਕ । ਮਸਤਕਿ—ਮੱਥੇ ਉਤੇ । ਸਚੁ—ਸਦਾ-ਥਿਰ ਰਹਿਣ ਵਾਲਾ । ਨੀਸਾਨੁ—ਨਿਸ਼ਾਨ, ਮੋਹਰ । ਸਦ—ਸਦਾ ।੮।

ਅਰਥ:– ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਮੇਹਰ ਦੀ ਨਿਗਾਹ ਕਰਦਾ ਹੈ, ਉਸ ਦੇ ਅੰਦਰ ਸੇਵਾ ਸੰਤੋਖ ਗਿਆਨ ਧਿਆਨ (ਆਦਿਕ ਗੁਣ ਪੈਦਾ ਹੋ ਜਾਂਦੇ ਹਨ) । ਉਹ ਮਨੁੱਖ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ, ਪਰਮਾਤਮਾ ਦੇ ਗੁਣ ਚੇਤੇ ਕਰਦਾ ਰਹਿੰਦਾ ਹੈ, (ਉਸ ਦਾ ਹਿਰਦਾ) ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਨਕਾ-ਨੱਕ ਭਰਿਆ ਰਹਿੰਦਾ ਹੈ । (ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਪ੍ਰਭੂ ਦੀ ਮੇਹਰ ਦੀ ਨਿਗਾਹ ਹੁੰਦੀ ਹੈ) ਉਹ ਮਨੁੱਖ ਦੁੱਖਾਂ ਦੇ ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ਉਹ ਸੰਸਾਰ-ਸਮੁੰਦਰ ਤੋਂ ਪਾਰ ਪਹੁੰਚ ਜਾਂਦੇ ਹਨ ।

ਹੇ ਪਿਆਰੇ ਪ੍ਰਭੂ! ਜੇਹੜਾ ਜੇਹੜਾ ਮਨੁੱਖ ਤੈਨੂੰ ਚੰਗਾ ਲੱਗਦਾ ਹੈ, ਉਸ ਉਸ ਨੂੰ ਤੂੰ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈਂ । ਉਹ ਬੰਦੇ ਸਦਾ ਲਈ ਚੰਗੇ ਜੀਵਨ ਵਾਲੇ ਹੋ ਜਾਂਦੇ ਹਨ ।੭।

ਹੇ ਭਾਈ! ਪਰਮਾਤਮਾ ਸਾਰੀਆਂ ਤਾਕਤਾਂ ਦਾ ਮਾਲਕ ਹੈ, ਸਰਬ-ਵਿਆਪਕ ਹੈ, ਦਇਆ ਦਾ ਘਰ ਹੈ, ਪ੍ਰਕਾਸ਼-ਰੂਪ ਹੈ । ਭਗਤਾਂ ਨੂੰ (ਸਦਾ) ਉਸ ਦਾ ਆਸਰਾ ਰਹਿੰਦਾ ਹੈ । ਹੇ ਭਾਈ! ਭਗਤ ਉਸ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਜੇਹੜਾ ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਤੇ, ਸਿਆਣਾ ਹੈ । ਹੇ ਭਾਈ! ਜਿਸ ਮਨੁੱਖ ਦੇ ਮੱਥੇ ਉਤੇ ਸਦਾ ਕਾਇਮ ਰਹਿਣ ਵਾਲੀ ਮੋਹਰ ਲਾ ਦੇਂਦਾ ਹੈ, ਉਸ ਦਾ ਇਹ ਲੋਕ ਤੇ ਪਰਲੋਕ ਸੰਵਰ ਜਾਂਦਾ ਹੈ ।

ਹੇ ਨਾਨਕ! ਆਖ—ਹੇ ਭਾਈ (ਮੇਰੀ ਤਾਂ ਸਦਾ ਇਹੀ ਤਾਂਘ ਹੈ ਕਿ) ਉਹ ਪਰਮਾਤਮਾ ਮੈਨੂੰ ਕਦੇ ਭੀ ਨਾਹ ਭੁੱਲੇ । ਮੈਂ (ਉਸ ਤੋਂ) ਸਦਾ ਸਦਕੇ ਜਾਂਦਾ ਹਾਂ ।੮।੨।

ਸੋਰਠਿ ਮਹਲਾ ੫ ਘਰੁ ੨ ਅਸਟਪਦੀਆ ੴ ਸਤਿਗੁਰ ਪ੍ਰਸਾਦਿ ॥ ਪਾਠੁ ਪੜਿਓ ਅਰੁ ਬੇਦੁ ਬੀਚਾਰਿਓ ਨਿਵਲਿ ਭੁਅੰਗਮ ਸਾਧੇ ॥ ਪੰਚ ਜਨਾ ਸਿਉ ਸੰਗੁ ਨ ਛੁਟਕਿਓ ਅਧਿਕ ਅਹੰਬੁਧਿ ਬਾਧੇ ॥੧॥ ਪਿਆਰੇ ਇਨ ਬਿਧਿ ਮਿਲਣੁ ਨ ਜਾਈ ਮੈ ਕੀਏ ਕਰਮ ਅਨੇਕਾ ॥ ਹਾਰਿ ਪਰਿਓ ਸੁਆਮੀ ਕੈ ਦੁਆਰੈ ਦੀਜੈ ਬੁਧਿ ਬਿਬੇਕਾ ॥ ਰਹਾਉ ॥ ਮੋਨਿ ਭਇਓ ਕਰਪਾਤੀ ਰਹਿਓ ਨਗਨ ਫਿਰਿਓ ਬਨ ਮਾਹੀ ॥ ਤਟ ਤੀਰਥ ਸਭ ਧਰਤੀ ਭ੍ਰਮਿਓ ਦੁਬਿਧਾ ਛੁਟਕੈ ਨਾਹੀ ॥੨॥ ਮਨ ਕਾਮਨਾ ਤੀਰਥ ਜਾਇ ਬਸਿਓ ਸਿਰਿ ਕਰਵਤ ਧਰਾਏ ॥ ਮਨ ਕੀ ਮੈਲੁ ਨ ਉਤਰੈ ਇਹ ਬਿਧਿ ਜੇ ਲਖ ਜਤਨ ਕਰਾਏ ॥੩॥

ਕਨਿਕ ਕਾਮਿਨੀ ਹੈਵਰ ਗੈਵਰ ਬਹੁ ਬਿਧਿ ਦਾਨੁ ਦਾਤਾਰਾ ॥ ਅੰਨ ਬਸਤ੍ਰ ਭੂਮਿ ਬਹੁ ਅਰਪੇ ਨਹ ਮਿਲੀਐ ਹਰਿ ਦੁਆਰਾ ॥੪॥ {ਪੰਨਾ 641-642}

ਪਦਅਰਥ:- ਪੜਿਓ—ਪੜ੍ਹਿਆ (ਕਈਆਂ ਨੇ) । ਅਰੁ—ਅਤੇ । ਨਿਵਲਿ—ਖਲੋ ਕੇ, ਗੋਡਿਆਂ ਉਤੇ ਹੱਥ ਰੱਖ ਕੇ, ਸਾਹ ਬਾਹਰ ਵਲ ਖਿੱਚ ਕੇ, ਆਂਦਰਾਂ ਨੂੰ ਭਵਾਣਾ—ਇਸ ਨਾਲ ਪੇਟ ਦੀਆਂ ਆਂਦਰਾਂ ਸਾਫ਼ ਰਹਿੰਦੀਆਂ ਹਨ, ਕਬਜ਼ ਨਹੀਂ ਰਹਿੰਦੀ । ਨਿਉਲੀ ਕਰਮ ਸਵੇਰੇ ਖ਼ਾਲੀ-ਪੇਟ ਕਰੀਦਾ ਹੈ । ਭੁਅੰਗਮ—ਭੁਇਅੰਗਮ, ਭੁਯੰਗਮ । ਪਿੱਠ ਦੀ ਕੰਗਰੋੜ ਦੇ ਨਾਲ ਨਾਲ ਕੁੰਡਲਨੀ ਨਾੜੀ ਜਿਸ ਦੀ ਸ਼ਕਲ ਸਰਪਣੀ ਵਰਗੀ ਹੈ । ਇਸ ਦੇ ਰਾਹ ਸੁਆਸ ਚੜ੍ਹਾਂਦੇ ਹਨ । ਸਾਧੇ—ਸਾਧਨ ਕੀਤੇ (ਕਈਆਂ ਨੇ) । ਸਿਉ—ਨਾਲ । ਸੰਗੁ—ਸਾਥ । ਛੁਟਕਿਓ—ਮੁੱਕ ਸਕਿਆ । ਅਧਿਕ—ਬਹੁਤ ਵਧੀਕ । ਅਹੰਬੁਧਿ—ਅਹੰਕਾਰ-ਭਰੀ ਮਤਿ । ਬਾਧੇ—ਬੱਝ ਗਏ ।੧।

ਪਿਆਰੇ—ਹੇ ਸੱਜਣ! ਇਨ ਬਿਧਿ—ਇਹਨਾਂ ਤਰੀਕਿਆਂ ਨਾਲ । ਮੈ—ਮੇਰੇ ਵੇਖਦਿਆਂ । ਹਾਰਿ—ਹਾਰ ਕੇ, ਇਹਨਾਂ ਕਰਮਾਂ ਦਾ ਆਸਰਾ ਛੱਡ ਕੇ । ਪਰਿਓ—ਪਿਆ ਹਾਂ । ਕੈ ਦੁਆਰੈ—ਦੇ ਦਰ ਉਤੇ । ਬਿਬੇਕਾ—ਪਰਖ ।ਰਹਾਉ।

ਮੋਨਿ ਭਇਓ—ਕੋਈ ਚੁੱਪ ਸਾਧੀ ਬੈਠਾ ਹੈ । ਕਰਪਾਤੀ—{ਕਰ—ਹੱਥ । ਪਾਤ੍ਰ—ਭਾਂਡਾ} ਹੱਥਾਂ ਨੂੰ ਹੀ ਭਾਂਡਾ ਬਣਾ ਰੱਖਣ ਵਾਲਾ । ਮਾਹੀ—ਵਿਚ । ਤਟ—ਦਰੀਆ ਦਾ ਕੰਢਾ । ਸਭ—ਸਾਰੀ । ਭ੍ਰਮਿਓ—ਭਟਕਦਾ ਫਿਰਿਆ । ਦੁਬਿਧਾ—ਦੁ-ਚਿੱਤਾ-ਪਨ, ਮੇਰ-ਤੇਰ, ਡਾਵਾਂ ਡੋਲ ਮਾਨਸਕ ਦਸ਼ਾ । ਛੁਟਕੈ ਨਾਹੀ—ਮੁੱਕਦੀ ਨਹੀਂ ।੨।

ਕਾਮਨਾ—ਇੱਛਾ, ਫੁਰਨਾ । ਸਿਰਿ—ਸਿਰ ਉਤੇ । ਕਰਵਤ—ਆਰਾ, ਸ਼ਿਵ ਜੀ ਵਾਲਾ ਆਰਾ ਜੋ ਬਨਾਰਸ ਦੇ ਸ਼ਿਵ-ਮੰਦਰ ਵਿਚ ਹੈ । ਸ਼ਿਵ-ਲੋਕ ਵਿਚ ਪਹੁੰਚਣ ਦੀ ਤਾਂਘ ਵਾਲੇ ਕਈ ਭੁੱਲੜ ਮਨੁੱਖ ਆਪਣੇ ਆਪ ਨੂੰ ਇਸ ਆਰੇ ਨਾਲ ਚਿਰਾ ਲੈਂਦੇ ਸਨ । ਇਹ ਬਿਧਿ—ਇਸ ਤਰੀਕੇ ਨਾਲ ।੩।

ਕਨਿਕ—ਸੋਨਾ । ਕਾਮਿਨੀ—ਇਸਤ੍ਰੀ । ਹੈਵਰ—{hXvr} ਵਧੀਆ ਘੋੜੇ । ਗੈਵਰ—{gjvr} ਵਧੀਆ ਹਾਥੀ । ਦਾਤਾਰਾ—ਦੇਣ ਵਾਲਾ । ਅਰਪੇ—ਦਾਨ ਕਰਦਾ ਹੈ । ਹਰਿ ਦੁਆਰਾ—ਹਰੀ ਦੇ ਦਰ ਤੇ ।੪।

ਅਰਥ:- ਹੇ ਭਾਈ! ਕੋਈ ਮਨੁੱਖ ਵੇਦ (ਆਦਿਕ ਧਰਮ-ਪੁਸਤਕ ਨੂੰ) ਪੜ੍ਹਦਾ ਹੈ ਅਤੇ ਵਿਚਾਰਦਾ ਹੈ । ਕੋਈ ਮਨੁੱਖ ਨਿਵਲੀਕਰਮ ਕਰਦਾ ਹੈ, ਕੋਈ ਕੁੰਡਲਨੀ ਨਾੜੀ ਰਸਤੇ ਪ੍ਰਾਣ ਚਾੜ੍ਹਦਾ ਹੈ । (ਪਰ ਇਹਨਾਂ ਸਾਧਨਾਂ ਨਾਲ ਕਾਮਾਦਿਕ) ਪੰਜਾਂ ਨਾਲੋਂ ਸਾਥ ਮੁੱਕ ਨਹੀਂ ਸਕਦਾ । (ਸਗੋਂ) ਵਧੀਕ ਅਹੰਕਾਰ ਵਿਚ (ਮਨੁੱਖ) ਬੱਝ ਜਾਂਦੇ ਹਨ ।੧।

ਹੇ ਭਾਈ! ਮੇਰੇ ਵੇਖਦਿਆਂ ਲੋਕ ਅਨੇਕਾਂ ਹੀ (ਮਿਥੇ ਹੋਏ ਧਾਰਮਿਕ) ਕਰਮ ਕਰਦੇ ਹਨ, ਪਰ ਇਹਨਾਂ ਤਰੀਕਿਆਂ ਨਾਲ ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਨਹੀਂ ਜਾ ਸਕਦਾ । ਹੇ ਭਾਈ! ਮੈਂ ਤਾਂ ਇਹਨਾਂ ਕਰਮਾਂ ਦਾ ਆਸਰਾ ਛੱਡ ਕੇ ਮਾਲਕ-ਪ੍ਰਭੂ ਦੇ ਦਰ ਤੇ ਆ ਡਿੱਗਾ ਹਾਂ (ਤੇ ਅਰਜ਼ੋਈ ਕਰਦਾ ਰਹਿੰਦਾ ਹਾਂ—ਹੇ ਪ੍ਰਭੂ! ਮੈਨੂੰ ਭਲਾਈ ਬੁਰਾਈ ਦੀ) ਪਰਖ ਕਰ ਸਕਣ ਵਾਲੀ ਅਕਲ ਦੇਹ ।ਰਹਾਉ।

ਹੇ ਭਾਈ! ਕੋਈ ਮਨੁੱਖ ਚੁੱਪ ਸਾਧੀ ਬੈਠਾ ਹੈ, ਕੋਈ ਕਰ-ਪਾਤੀ ਬਣ ਗਿਆ ਹੈ (ਭਾਂਡਿਆਂ ਦੇ ਥਾਂ ਆਪਣੇ ਹੱਥ ਹੀ ਵਰਤਦਾ ਹੈ), ਕੋਈ ਜੰਗਲ ਵਿਚ ਨੰਗਾ ਤੁਰਿਆ ਫਿਰਦਾ ਹੈ । ਕੋਈ ਮਨੁੱਖ ਸਾਰੇ ਤੀਰਥਾਂ ਦਾ ਰਟਨ ਕਰ ਰਿਹਾ ਹੈ, ਕੋਈ ਸਾਰੀ ਧਰਤੀ ਦਾ ਭ੍ਰਮਣ ਕਰ ਰਿਹਾ ਹੈ, (ਪਰ ਇਸ ਤਰ੍ਹਾਂ ਭੀ) ਮਨ ਦੀ ਡਾਂਵਾਂ-ਡੋਲ ਹਾਲਤ ਮੁੱਕਦੀ ਨਹੀਂ ।੨।

ਹੇ ਭਾਈ! ਕੋਈ ਮਨੁੱਖ ਆਪਣੀ ਮਨੋ-ਕਾਮਨਾ ਅਨੁਸਾਰ ਤੀਰਥਾਂ ਉੱਤੇ ਜਾ ਵੱਸਿਆ ਹੈ, (ਮੁਕਤੀ ਦਾ ਚਾਹਵਾਨ ਆਪਣੇ) ਸਿਰ ਉਤੇ (ਸ਼ਿਵ ਜੀ ਵਾਲਾ) ਆਰਾ ਰਖਾਂਦਾ ਹੈ (ਤੇ, ਆਪਣੇ ਆਪ ਨੂੰ ਚਿਰਾ ਲੈਂਦਾ ਹੈ) । ਪਰ ਜੇ ਕੋਈ ਮਨੁੱਖ (ਇਹੋ ਜਿਹੇ) ਲੱਖਾਂ ਹੀ ਜਤਨ ਕਰੇ, ਇਸ ਤਰ੍ਹਾਂ ਭੀ ਮਨ ਦੀ (ਵਿਕਾਰਾਂ ਦੀ) ਮੈਲ ਨਹੀਂ ਲਹਿੰਦੀ ।੩।

ਹੇ ਭਾਈ! ਕੋਈ ਮਨੁੱਖ ਸੋਨਾ, ਇਸਤ੍ਰੀ, ਵਧੀਆ ਘੋੜੇ, ਵਧੀਆ ਹਾਥੀ (ਅਤੇ ਇਹੋ ਜਿਹੇ) ਕਈ ਕਿਸਮਾਂ ਦੇ ਦਾਨ ਕਰਨ ਵਾਲਾ ਹੈ । ਕੋਈ ਮਨੁੱਖ ਅੰਨ ਦਾਨ ਕਰਦਾ ਹੈ, ਕੱਪੜੇ ਦਾਨ ਕਰਦਾ ਹੈ, ਜ਼ਿਮੀਂ ਦਾਨ ਕਰਦਾ ਹੈ । (ਇਸ ਤਰ੍ਹਾਂ ਭੀ) ਪਰਮਾਤਮਾ ਦੇ ਦਰ ਤੇ ਪਹੁੰਚ ਨਹੀਂ ਸਕੀਦਾ ।੪।

ਪੂਜਾ ਅਰਚਾ ਬੰਦਨ ਡੰਡਉਤ ਖਟੁ ਕਰਮਾ ਰਤੁ ਰਹਤਾ ॥ ਹਉ ਹਉ ਕਰਤ ਬੰਧਨ ਮਹਿ ਪਰਿਆ ਨਹ ਮਿਲੀਐ ਇਹ ਜੁਗਤਾ ॥੫॥ ਜੋਗ ਸਿਧ ਆਸਣ ਚਉਰਾਸੀਹ ਏ ਭੀ ਕਰਿ ਕਰਿ ਰਹਿਆ ॥ ਵਡੀ ਆਰਜਾ ਫਿਰਿ ਫਿਰਿ ਜਨਮੈ ਹਰਿ ਸਿਉ ਸੰਗੁ ਨ ਗਹਿਆ ॥੬॥ ਰਾਜ ਲੀਲਾ ਰਾਜਨ ਕੀ ਰਚਨਾ ਕਰਿਆ ਹੁਕਮੁ ਅਫਾਰਾ ॥ ਸੇਜ ਸੋਹਨੀ ਚੰਦਨੁ ਚੋਆ ਨਰਕ ਘੋਰ ਕਾ ਦੁਆਰਾ ॥੭॥ ਹਰਿ ਕੀਰਤਿ ਸਾਧਸੰਗਤਿ ਹੈ ਸਿਰਿ ਕਰਮਨ ਕੈ ਕਰਮਾ ॥ ਕਹੁ ਨਾਨਕ ਤਿਸੁ ਭਇਓ ਪਰਾਪਤਿ ਜਿਸੁ ਪੁਰਬ ਲਿਖੇ ਕਾ ਲਹਨਾ ॥੮॥ ਤੇਰੋ ਸੇਵਕੁ ਇਹ ਰੰਗਿ ਮਾਤਾ ॥ ਭਇਓ ਕ੍ਰਿਪਾਲੁ ਦੀਨ ਦੁਖ ਭੰਜਨੁ ਹਰਿ ਹਰਿ ਕੀਰਤਨਿ ਇਹੁ ਮਨੁ ਰਾਤਾ ॥ ਰਹਾਉ ਦੂਜਾ ॥੧॥੩॥ {ਪੰਨਾ 642}

ਪਦਅਰਥ:- ਅਰਚਾ—ਮੂਰਤੀ ਦੀ ਪੂਜਾ । ਬੰਧਨ—ਨਮਸਕਾਰ । ਡੰਡਉਤ—ਡੰਡੇ ਵਾਂਗ ਸਿੱਧੇ ਲੰਮੇ ਪੈ ਕੇ ਨਮਸਕਾਰ ਕਰਨੀ । ਖਟੁ—ਛੇ । ਖਟੁ ਕਰਮਾ—ਬ੍ਰਾਹਮਣ ਵਾਸਤੇ ਛੇ ਜ਼ਰੂਰੀ ਧਾਰਮਿਕ ਕਰਮ—ਵਿੱਦਿਆ ਪੜ੍ਹਾਣੀ ਤੇ ਪੜ੍ਹਨੀ, ਜੱਗ ਕਰਨਾ ਤੇ ਕਰਾਣਾ, ਦਾਨ ਦੇਣਾ ਤੇ ਲੈਣਾ । ਰਤੁ ਰਹਤਾ—ਮਗਨ ਰਹਿੰਦਾ ਹੈ । ਹਉ ਹਉ—ਮੈਂ ਮੈਂ । ਇਹ ਜੁਗਤਾ—ਇਸ ਤਰੀਕੇ ਨਾਲ ।੫।

ਸਿਧ—ਜੋਗ-ਆਸਣਾਂ ਵਿਚ ਪੁੱਗੇ ਹੋਏ ਜੋਗੀ । ਰਹਿਆ—ਥੱਕ ਗਿਆ । ਆਰਜਾ—ਉਮਰ । ਸੰਗੁ—ਸਾਥ । ਗਹਿਆ—ਲੱਭਾ ।੬।

ਲੀਲਾ—ਰੰਗ-ਤਮਾਸ਼ੇ । ਰਚਨਾ—ਠਾਠ-ਬਾਠ । ਅਫਾਰਾ—ਜਿਸ ਨੂੰ ਕੋਈ ਮੋੜ ਨਾਹ ਸਕੇ । ਚੋਆ—ਅਤਰ । ਘੋਰ—ਭਿਆਨਕ ।੭।

ਕੀਰਤਿ—ਸਿਫ਼ਤਿ-ਸਾਲਾਹ । ਕਰਮਨ ਕੈ ਸਿਰਿ—ਸਭ (ਧਾਰਮਿਕ) ਕੰਮਾਂ ਦੇ ਸਿਰ ਉਤੇ, ਸਭ ਕਰਮਾਂ ਨਾਲੋਂ ਸ੍ਰੇਸ਼ਟ । ਪੁਰਬ ਲਿਖੇ ਕਾ—ਪਹਿਲੇ ਜਨਮ ਵਿਚ ਕੀਤੇ ਕਰਮਾਂ ਦੇ ਲਿਖੇ ਲੇਖ ਅਨੁਸਾਰ ।੮।

ਰੰਗਿ—ਰੰਗ ਵਿਚ । ਮਾਤਾ—ਮਸਤ । ਕੀਰਤਨਿ—ਕੀਰਤਨ ਵਿਚ । ਰਾਤਾ—ਰੰਗਿਆ ਹੋਇਆ ।ਰਹਾਉ ਦੂਜਾ।

ਅਰਥ:- ਹੇ ਭਾਈ! ਕੋਈ ਮਨੁੱਖ ਦੇਵ-ਪੂਜਾ ਵਿਚ, ਦੇਵਤਿਆਂ ਨੂੰ ਨਮਸਕਾਰ ਡੰਡਉਤ ਕਰਨ ਵਿਚ, ਛੇ ਕਰਮਾਂ ਦੇ ਕਰਨ ਵਿਚ ਮਸਤ ਰਹਿੰਦਾ ਹੈ । ਪਰ ਉਹ ਭੀ (ਇਹਨਾਂ ਮਿੱਥੇ ਹੋਏ ਧਾਰਮਿਕ ਕਰਮਾਂ ਦੇ ਕਰਨ ਕਰ ਕੇ ਆਪਣੇ ਆਪ ਨੂੰ ਧਰਮੀ ਜਾਣ ਕੇ) ਅਹੰਕਾਰ ਨਾਲ ਕਰਦਾ ਕਰਦਾ (ਮਾਇਆ ਦੇ ਮੋਹ ਦੇ) ਬੰਧਨਾਂ ਵਿਚ ਜਕੜਿਆ ਰਹਿੰਦਾ ਹੈ । ਇਸ ਤਰੀਕੇ ਭੀ ਪਰਮਾਤਮਾ ਨੂੰ ਨਹੀਂ ਮਿਲ ਸਕੀਦਾ ।੫।

ਜੋਗ-ਮਤ ਵਿਚ ਸਿੱਧਾਂ ਦੇ ਪ੍ਰਸਿੱਧ ਚੌਰਾਸੀ ਆਸਣ ਹਨ । ਇਹ ਆਸਣ ਕਰ ਕਰ ਕੇ ਭੀ ਮਨੁੱਖ ਥੱਕ ਜਾਂਦਾ ਹੈ । ਉਮਰ ਤਾਂ ਲੰਮੀ ਕਰ ਲੈਂਦਾ ਹੈ, ਪਰ ਇਸ ਤਰ੍ਹਾਂ ਪਰਮਾਤਮਾ ਨਾਲ ਮਿਲਾਪ ਨਾਲ ਨਹੀਂ ਬਣਦਾ, ਮੁੜ ਮੁੜ ਜਨਮਾਂ ਦੇ ਗੇੜ ਵਿਚ ਪਿਆ ਰਹਿੰਦਾ ਹੈ ।੬।

ਹੇ ਭਾਈ! ਕਈ ਐਸੇ ਹਨ ਜੋ ਰਾਜ-ਹਕੂਮਤ ਦੇ ਰੰਗ-ਤਮਾਸ਼ੇ ਮਾਣਦੇ ਹਨ, ਰਾਜਿਆਂ ਵਾਲੇ ਠਾਠ-ਬਾਠ ਬਣਾਂਦੇ ਹਨ, ਲੋਕਾਂ ਉੱਤੇ ਹੁਕਮ ਚਲਾਂਦੇ ਹਨ, ਕੋਈ ਉਹਨਾਂ ਦਾ ਹੁਕਮ ਮੋੜ ਨਹੀਂ ਸਕਦਾ । ਸੁੰਦਰ ਇਸਤ੍ਰੀ ਦੀ ਸੇਜ ਮਾਣਦੇ ਹਨ, (ਆਪਣੇ ਸਰੀਰ ਉਤੇ) ਚੰਦਨ ਤੇ ਅਤਰ ਵਰਤਦੇ ਹਨ । ਪਰ ਇਹ ਸਭ ਕੁਝ ਤਾਂ ਭਿਆਨਕ ਨਰਕ ਵਲ ਲੈ ਜਾਣ ਵਾਲਾ ਹੈ ।੭।

ਹੇ ਭਾਈ! ਸਾਧ ਸੰਗਤਿ ਵਿਚ ਬੈਠ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ—ਇਹ ਕੰਮ ਹੋਰ ਸਾਰੇ ਕਰਮਾਂ ਨਾਲੋਂ ਸ੍ਰੇਸ਼ਟ ਹੈ । ਪਰ, ਹੇ ਨਾਨਕ! ਆਖ—ਇਹ ਅਵਸਰ ਉਸ ਮਨੁੱਖ ਨੂੰ ਹੀ ਮਿਲਦਾ ਹੈ ਜਿਸ ਦੇ ਮੱਥੇ ਉਤੇ ਪੂਰਬਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਲੇਖ ਲਿਖਿਆ ਹੁੰਦਾ ਹੈ ।੮।

ਹੇ ਭਾਈ! ਤੇਰਾ ਸੇਵਕ ਤੇਰੀ ਸਿਫ਼ਤਿ-ਸਾਲਾਹ ਦੇ ਰੰਗ ਵਿਚ ਮਸਤ ਰਹਿੰਦਾ ਹੈ । ਹੇ ਭਾਈ! ਦੀਨਾਂ ਦੇ ਦੁੱਖ ਦੂਰ ਕਰਨ ਵਾਲਾ ਪਰਮਾਤਮਾ ਜਿਸ ਮਨੁੱਖ ਉਤੇ ਦਇਆਵਾਨ ਹੁੰਦਾ ਹੈ, ਉਸ ਦਾ ਇਹ ਮਨ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਰੰਗ ਵਿਚ ਰੰਗਿਆ ਰਹਿੰਦਾ ਹੈ । ਰਹਾਉ ਦੂਜਾ ।੧।੩।

ਰਾਗੁ ਸੋਰਠਿ ਵਾਰ ਮਹਲੇ ੪ ਕੀ

ਵਾਰ ਦਾ ਭਾਵ

ਪਉੜੀ-ਵਾਰ:

(੧) ਪਰਮਾਤਮਾ ਨੇ ਇਹ ਜਗਤ-ਖੇਡ ਆਪ ਹੀ ਬਣਾਈ ਹੈ, ਤੇ ਹਰ ਥਾਂ ਉਸ ਦੀ ਆਪਣੀ ਹੀ ਜੀਵਨ-ਰੌ ਰੁਮਕ ਰਹੀ ਹੈ; ਪਰ, ਇਹ ਸਮਝ ਗੁਰੂ ਦੀ ਰਾਹੀਂ ਹੀ ਪੈਂਦੀ ਹੈ ਤੇ ਗੁਰੂ ਦੇ ਦੱਸੇ ਰਾਹ ਤੇ ਹੀ ਤੁਰ ਕੇ ਪ੍ਰਭੂ ਦੀ ਇਹ ਵਡਿਆਈ ਕੀਤੀ ਜਾ ਸਕਦੀ ਹੈ ।

(੨) ਭਾਵੇਂ ਮਾਇਆ-ਰਹਿਤ ਪ੍ਰਭੂ ਦੀ ਹੀ ਜੀਵਨ-ਰੌ ਹਰ ਥਾਂ ਹੈ, ਪਰ ਜੀਵ ਮਾਇਆ ਦੇ ਕਾਰਨ ਮੂਰਖ-ਪੁਣੇ ਵਿਚ ਲੱਗ ਪੈਂਦਾ ਹੈ; ਜਿਸ ਉੱਤੇ ਪ੍ਰਭੂ ਦੀ ਮੇਹਰ ਦੀ ਨਜ਼ਰ ਹੁੰਦੀ ਹੈ ਉਹ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਕਾਰ ਕਰਦਾ ਹੈ ।

(੩) ਇਹ ਜਗਤ-ਰਚਨਾ ਵਿਚ ਤ੍ਰੈ-ਗੁਣੀ ਮਾਇਆ ਭੀ ਕਰਤਾਰ ਨੇ ਆਪ ਹੀ ਬਣਾਈ ਹੈ, ਇਸ ਦੇ ਮੋਹ ਵਿਚ ਫਸ ਕੇ ਹਉਮੈ ਦੇ ਕਾਰਨ ਜੀਵ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ; ਪਰ, ਜਿਸ ਉਤੇ ਪ੍ਰਭੂ ਦੀ ਮੇਹਰ ਹੋਵੇ ਉਸ ਨੂੰ ਸਤਿਗੁਰੂ ਇਹ ਭੁਲੇਖਾ ਸਮਝਾ ਦੇਂਦਾ ਹੈ ।

(੪) ਪਰਮਾਤਮਾ ਦਾ ਕੋਈ ਖ਼ਾਸ ਐਸਾ ਰੂਪ ਨਹੀਂ, ਕੋਈ ਰੇਖ ਨਹੀਂ ਜਿਸ ਦੀ ਜੀਵ ਨੂੰ ਸਮਝ ਪੈ ਸਕੇ, ਇਸ ਲਈ ਜੀਵ ਆਪਣੇ ਆਪ ਉਸ ਦੀ ਸਿਫ਼ਤਿ-ਸਾਲਾਹ ਕਰ ਹੀ ਨਹੀਂ ਸਕਦਾ; ਪੂਰੇ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਹੀ ਪ੍ਰਭੂ ਦਾ ਦੀਦਾਰ ਹੋ ਸਕਦਾ ਹੈ ।

(੫) ਇਸ ਜਗਤ ਦਾ ਬਨਾਣ ਵਾਲਾ ਪਰਮਾਤਮਾ ਭਾਵੇਂ ਹਰੇਕ ਦੇ ਅੰਦਰ ਆਪ ਮੌਜੂਦ ਹੈ, ਪਰ ਜੀਵ ਮਾਇਆ ਦੇ ਧੰਧਿਆਂ ਵਿਚ ਲੱਗ ਕੇ ਉਸ ਨੂੰ ਭੁਲਾਈ ਰੱਖਦੇ ਹਨ ਤੇ ਕੁਰਾਹੇ ਪਏ ਰਹਿੰਦੇ ਹਨ; ਜਿਸ ਮਨੁੱਖ ਤੇ ਉਹ ਮੇਹਰ ਕਰਦਾ ਹੈ ਉਹ ਮਾਇਆ ਦੇ ਮੋਹ ਵਿਚੋਂ ਨਿਕਲ ਕੇ ਗੁਰੂ-ਚਰਨਾਂ ਨਾਲ ਪਿਆਰ ਪਾਂਦਾ ਹੈ ਤੇ ਭਗਤੀ

ਕਰਦਾ ਹੈ ।

(੬) ਜਿਸ ਮਾਇਆ ਦੀਆਂ ਮੌਜਾਂ ਵਿਚ ਰੁੱਝ ਕੇ ਮਨੁੱਖ ਪ੍ਰਭੂ ਨੂੰ ਵਿਸਾਰਦਾ ਹੈ ਤੇ ਪਾਪ ਕਮਾਂਦਾ ਹੈ ਉਸ ਦਾ ਸਾਥ ਕਸੁੰਭੇ ਦੇ ਰੰਗ ਵਾਂਗ ਥੋਹੜੇ ਹੀ ਦਿਨ ਰਹਿੰਦਾ ਹੈ; ਜਗਤ ਤੋਂ ਤੁਰਨ ਵੇਲੇ ਕੀਤੇ ਵਿਕਾਰਾਂ ਦੇ ਕਾਰਨ ਘਬਰਾਂਦਾ ਹੈ ਤੇ ਪਛੁਤਾਂਦਾ ਹੈ ।

(੭) ਪਰ, ਜੋ ਮਨੁੱਖ ਪ੍ਰਭੂ ਦਾ ਸਿਮਰਨ ਕਰਦਾ ਹੈ, ਉਹ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ, ਉਸ ਨੂੰ ਮੌਤ ਤੋਂ ਕੋਈ ਘਬਰਾਹਟ ਨਹੀਂ ਹੁੰਦੀ, ਉਹ ਪ੍ਰਭੂ ਦੀ ਹਜ਼ੂਰੀ ਵਿਚ ਇੱਜ਼ਤ ਖੱਟ ਕੇ ਜਾਂਦਾ ਹੈ; ਕੋਈ ਡਰ, ਕੋਈ ਭਟਕਣਾ, ਉਸ ਨੂੰ ਨਹੀਂ ਰਹਿੰਦੀ; ਪਰ, ਇਸ ਰਾਹੇ ਉਹੀ ਤੁਰਦਾ ਹੈ ਜੋ ਪ੍ਰਭੂ ਦੀ ਮੇਹਰ ਨਾਲ ਗੁਰੂ ਦੇ ਦਰ ਤੇ ਆਉਂਦਾ ਹੈ ।

(੮) ਜੋ ਭਾਗਾਂ ਵਾਲੇ ਬੰਦੇ ਗੁਰੂ ਦੀ ਸ਼ਰਨ ਆਉਂਦੇ ਹਨ, ਉਹ ਰਲ ਕੇ ਸਤਸੰਗ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ ਤੇ ਸੁਣਦੇ ਹਨ, ਵਿਕਾਰਾਂ ਵਿਚ ਪੈਣ ਦੇ ਥਾਂ ਉਹਨਾਂ ਦਾ ਮਨ ਪ੍ਰਭੂ ਦੇ ਨਾਮ ਵਿਚ ਪਤੀਜਿਆ ਰਹਿੰਦਾ ਹੈ । ਅਜੇਹੇ ਸਤਸੰਗੀਆਂ ਦਾ ਦਰਸ਼ਨ ਮੁਬਾਰਿਕ ਹੈ, ਉਹ ਹੋਰਨਾਂ ਨੂੰ ਭੀ ਪਰਮਾਤਮਾ ਵਾਲੇ ਪਾਸੇ ਜੋੜਦੇ ਹਨ ।

(੯) ਜੋ ਮਨੁੱਖ ਪਰਮਾਤਮਾ ਦੇ ਨਾਮ ਵਿਚ ਮਸਤ ਰਹਿੰਦੇ ਹਨ, ਉਹਨਾਂ ਨੂੰ ਨਾਮ ਸਿਮਰਨ ਦੀ ਬਰਕਤਿ ਨਾਲ ਪ੍ਰਭੂ ਹਰ ਥਾਂ ਵੱਸਦਾ ਸਹੀ ਹੁੰਦਾ ਹੈ, ਇਸ ਵਾਸਤੇ ਉਹਨਾਂ ਨੂੰ ਕੋਈ ਡਰ ਨਹੀਂ ਵਿਆਪਦਾ; ਪਰ, ਇਹ ਦਾਤਿ ਪ੍ਰਭੂ ਦੀ ਆਪਣੀ ਮੇਹਰ ਨਾਲ ਗੁਰੂ ਦੇ ਸਨਮੁਖ ਹੋਇਆਂ ਹੀ ਮਿਲਦੀ ਹੈ ।

(੧੦) ਮਾਇਆ ਦਾ ਪਿਆਰ ਤੇ ਨਾਮ ਦੀ ਲਗਨ—ਦੋਹਾਂ ਦਾ ਮੇਲ ਨਹੀਂ ਹੋ ਸਕਦਾ; ਜਿਸ ਮਨੁੱਖ ਦਾ ਮਨ ਦੁਨੀਆ ਦੇ ਮੌਜ-ਮੇਲੇ ਤੋਂ ਵਿਕ ਗਿਆ ਹੈ, ਉਸ ਦੀ ਸੁਰਤਿ ਓਧਰੇ ਹੀ ਰਹਿੰਦੀ ਹੈ; ਪਰ, ਜਿਸ ਉਤੇ ਮੇਹਰ ਹੋਵੇ, ਉਹ ਗੁਰੂ ਦੀ ਸ਼ਰਨ ਪੈ ਕੇ 'ਨਾਮ' ਨਾਲ ਪਿਆਰ ਕਰਦਾ ਹੈ ਤੇ ਮਾਇਆ ਦਾ ਮੋਹ ਉਸ ਨੂੰ ਕੋਈ ਖਿੱਚ ਨਹੀਂ ਪਾ ਸਕਦਾ ।

(੧੧) ਇਹ ਮਨੁੱਖਾ ਸਰੀਰ, ਮਾਨੋ, ਚੋਲੀ ਹੈ ਜੋ ਪਰਮਾਤਮਾ ਨੇ ਆਪਣੇ ਪਹਿਨਣ ਲਈ ਬਣਾਈ ਹੈ; ਇਹ ਚੋਲੀ ਉਸ ਨੂੰ ਤਾਂ ਹੀ ਚੰਗੀ ਲੱਗ ਸਕਦੀ ਹੈ ਜੇ ਇਸ ਨੂੰ ਭਗਤੀ ਦੀ ਰੰਗਣ ਨਾਲ ਸੰਵਾਰਿਆ ਜਾਏ, ਜਿਵੇਂ ਜ਼ਨਾਨੀਆਂ ਪੱਟ ਨਾਲ ਕਸੀਦਾ ਕੱਢ ਕੇ ਫੁਲਕਾਰੀ ਨੂੰ ਸਾਂਭ ਕੇ ਵਰਤਦੀਆਂ ਹਨ । ਪਰ, ਇਹ ਭਗਤੀ ਗੁਰੂ ਦੀ ਸ਼ਰਨ ਪਿਆਂ ਹੀ ਹੋ ਸਕਦੀ ਹੈ ।

(੧੨) ਪਰਮਾਤਮਾ ਨੂੰ ਮਿਲਣ ਦਾ ਰਸਤਾ ਗੁਰਮੁਖਾਂ ਦਾ ਸੰਗ ਕੀਤਿਆਂ ਲੱਭਦਾ ਹੈ; ਜਿਉਂ ਜਿਉਂ ਉਹਨਾਂ ਨਾਲ ਰਲ ਕੇ ਗੁਣ ਗ੍ਰਹਿਣ ਕਰੀਏ ਤੇ ਨਾਮ ਸਿਮਰੀਏ ਤਿਉਂ ਤਿਉਂ ਜੀਵਨ ਸੁਖੀ ਹੁੰਦਾ ਹੈ । ਗੁਰੂ ਦੇ ਦੱਸੇ ਰਾਹ ਦੀ ਸਮਝ ਸਤਸੰਗੀਆਂ ਪਾਸੋਂ ਪੈਂਦੀ ਹੈ ।

(੧੩) ਸਿਫ਼ਤਿ-ਸਾਲਾਹ ਕਰਨ ਵਾਲਾ ਮਨੁੱਖ ਲੋਕ ਪਰਲੋਕ ਦੋਹੀਂ ਥਾਈਂ ਸੋਭਾ ਖੱਟਦਾ ਹੈ; ਜਿਸ ਨੂੰ ਨਾਮ ਅੰਮ੍ਰਿਤ ਦਾ ਰਸ ਆਇਆ ਹੈ ਉਸ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ; ਪਰ ਇਸ ਰਾਹੇ ਉਹੀ ਤੁਰਦਾ ਹੈ ਜਿਸ ਉਤੇ ਮੇਹਰ ਹੋਵੇ ਤੇ ਜੋ ਗੁਰੂ ਦੀ ਸ਼ਰਨ ਪਏ ।

(੧੪) ਜੋ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਨਾਮ ਜਪਦਾ ਹੈ, ਉਹ ਪਰਮਾਤਮਾ ਦੇ ਰਚੇ ਸਭ ਬੰਦਿਆਂ ਨਾਲ ਉਸੇ ਤਰ੍ਹਾਂ ਪਿਆਰ ਕਰਨ ਲੱਗ ਪੈਂਦਾ ਹੈ ਜਿਵੇਂ ਉਹ ਆਪਣੇ ਮਿੱਤ੍ਰਾਂ ਪੁੱਤ੍ਰਾਂ ਤੇ ਭਰਾਵਾਂ ਨਾਲ ਕਰਦਾ ਹੈ; ਆਪਣਾ ਜ਼ਾਤੀ ਸੁਖ ਤਿਆਗ ਕੇ ਉਹਨਾਂ ਦੇ ਸੁਖ ਲਈ ਕਾਰ ਕਰਦਾ, ਸੇਵਾ ਕਰਦਾ ਹੈ; ਇਹ ਨਵਾਂ ਆਤਮਕ-ਜੀਵਨ ਉਸ ਨੂੰ ਮਿਲਦਾ ਹੈ ।

(੧੫) ਦੁਨੀਆ ਦਾ ਧਨ-ਪਦਾਰਥ, ਮਹਲ-ਮਾੜੀਆਂ, ਘੋੜੇ ਆਦਿਕ—ਇਹਨਾਂ ਵਿਚੋਂ ਕਿਸੇ ਨਾਲ ਸਾਥ ਤੋੜ ਨਹੀਂ ਨਿਭਦਾ, ਅੰਤ ਵੇਲੇ ਸਾਥ ਟੁੱਟਣ ਲੱਗਿਆਂ ਮਨ ਬਹੁਤ ਦੁਖੀ ਹੁੰਦਾ ਹੈ । ਇਕ ਹਰੀ-ਨਾਮ ਹੀ ਹੈ ਜੋ ਅਖ਼ੀਰ ਵੇਲੇ ਸਾਥੀ ਬਣਾਂਦਾ ਹੈ ਤੇ ਸੁਖਦਾਈ ਹੁੰਦਾ ਹੈ; ਇਹ ਨਾਮ ਸਤਿਗੁਰੂ ਦੇ ਸਨਮੁਖ ਹੋਇਆਂ ਮਿਲਦਾ ਹੈ ।

(੧੬) ਧਨ-ਪਦਾਰਥ, ਮਹਲ-ਮਾੜੀਆਂ, ਘੋੜੇ ਆਦਿਕ ਤੇ ਹੋਰ ਕਾਰ-ਵਿਹਾਰ ਵਰਜਿਤ ਨਹੀਂ ਹਨ; ਸਗੋਂ ਇਹਨਾਂ ਦੀ ਰਾਹੀਂ ਭਲਿਆਂ ਦੀ ਸੇਵਾ ਕਰੇ ਤੇ ਪ੍ਰਭੂ ਦਾ ਨਾਮ ਭੀ ਸਿਮਰੇ । ਜੋ ਮਨੁੱਖ ਸਤਿਗੁਰੂ ਪਾਸੋਂ ਅਜੇਹੀ ਰਹਿਣੀ ਸਿੱਖਦਾ ਹੈ ਉਹ ਭਾਗਾਂ ਵਾਲਾ ਹੈ ।

(੧੭) ਅਸਲ ਸੋਭਾ-ਵਡਿਆਈ ਉਹ ਮਨੁੱਖ ਖੱਟਦੇ ਹਨ ਜੋ ਪੂਰੇ ਗੁਰੂ ਦੀ ਰਾਹੀਂ ਆਪਾ-ਭਾਵ ਮਿਟਾ ਕੇ ਪਰਮਾਤਮਾ ਦੇ ਨਾਮ ਵਿਚ ਇਤਨਾ ਲੀਨ ਹੋ ਜਾਂਦੇ ਹਨ ਕਿ ਉਹਨਾਂ ਨੂੰ ਹਰ ਥਾਂ ਪਰਮਾਤਮਾ ਹੀ ਦਿੱਸਦਾ ਹੈ ।

(੧੮) ਉਹ ਮਨੁੱਖ ਭਾਗਾਂ ਵਾਲੇ ਹਨ ਜੋ ਗੁਰੂ ਦੀ ਸ਼ਰਨ ਪੈ ਕੇ ਆਪਣੀ ਮਰਜ਼ੀ ਦੇ ਥਾਂ ਗੁਰੂ ਦੀ ਮਰਜ਼ੀ ਤੇ ਤੁਰਦੇ ਹਨ; ਇਹੀ ਇੱਕ ਤਰੀਕਾ ਹੈ ਜਿਸ ਨਾਲ ਨਾਮ ਸਿਮਰਿਆ ਜਾ ਸਕਦਾ ਹੈ, ਸਿਫ਼ਤਿ-ਸਾਲਾਹ ਹੋ ਜਾਂਦੀ ਹੈ ਤੇ ਮਨ ਵੱਸ ਵਿਚ ਆ ਸਕਦਾ ਹੈ ।

(੧੯) ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਗੁਰੂ ਦਾ ਨਿਵਾਸ ਹੈ ਉਹ ਮੁਬਾਰਿਕ ਹਨ; ਉਹਨਾਂ ਦਾ ਦਰਸ਼ਨ ਕਰ ਕੇ ਹੋਰ ਲੋਕ ਭੀ ਪ੍ਰਭੂ ਦੇ ਨਾਮ ਵਿਚ ਜੁੜਦੇ ਹਨ ਤੇ ਆਪਣੇ ਅੰਦਰੋਂ ਪਾਪ ਕੱਟ ਲੈਂਦੇ ਹਨ ।

(੨੦) ਉਹਨਾਂ ਮਨੁੱਖਾਂ ਨੂੰ ਅਸਲ ਧਨੀ ਸਮਝੋ, ਜੋ ਗੁਰੂ ਦੇ ਸਨਮੁਖ ਹੋ ਕੇ ਉਸ ਪ੍ਰਭੂ ਦਾ ਸਿਮਰਨ ਕਰਦੇ ਹਨ ਜੋ ਪੱਥਰਾਂ ਦੇ ਅੰਦਰ ਵੱਸਦੇ ਕੀੜਿਆਂ ਤੋਂ ਲੈ ਕੇ ਮਨੁੱਖਾਂ ਤਕ ਸਾਰੇ ਜੀਅ-ਜੰਤਾਂ ਨੂੰ ਰੋਜ਼ੀ ਦੇਣ ਵਾਲਾ ਹੈ ।

(੨੧) ਜਿਸ ਮਨੁੱਖ ਉਤੇ ਮਾਲਕ ਦੀ ਮੇਹਰ ਹੋਵੇ ਉਹ ਗੁਰੂ ਦੇ ਸਨਮੁਖ ਹੋ ਕੇ ਮਨੁੱਖਾ ਜਨਮ ਦੀ ਬਾਜ਼ੀ ਜਿੱਤ ਕੇ ਜਾਂਦਾ ਹੈ ਕਿਉਂਕਿ ਉਹ ਭਗਤੀ ਖਿਮਾ ਤੇ ਪ੍ਰੇਮ ਦਾ ਸਿੰਗਾਰ ਬਣਾਂਦਾ ਹੈ ਜੋ ਪ੍ਰਭੂ ਨੂੰ ਪਿਆਰਾ ਲੱਗਦਾ ਹੈ ।

(੨੨) ਅਸਲ ਮੁਕੰਮਲ ਇਨਸਾਨ ਉਹ ਹਨ ਜੋ ਗੁਰੂ ਦੇ ਸਨਮੁਖ ਹੋ ਕੇ ਸੁਆਸ ਸੁਆਸ ਨਾਮ ਸਿਮਰਦੇ ਹਨ; ਨਾਮ-ਰੂਪ ਦਵਾਈ ਵਰਤਿਆਂ ਉਹਨਾਂ ਦੇ ਸਾਰੇ ਆਤਮਕ ਰੋਗ ਤੇ ਦੁੱਖ ਦੂਰ ਹੋ ਜਾਂਦੇ ਹਨ; ਨਾਹ ਉਹਨਾਂ ਨੂੰ ਜਗਤ ਦੀ ਮੁਥਾਜੀ ਰਹਿੰਦੀ ਹੈ ਤੇ ਨਾਹ ਜਮਾਂ ਦੀ ।

(੨੩) ਜੋ ਮਨੁੱਖ ਸਤਿਗੁਰੂ ਦੀ ਨਿੰਦਾ ਕਰਦਾ ਹੈ ਉਸ ਦੀ ਸੁਰਤਿ ਵਿਕਾਰਾਂ ਵਲ ਹੀ ਰਹਿੰਦੀ ਹੈ, ਨਿੰਦਿਆ ਦੀ ਵਾਦੀ ਉਸ ਦੀ ਇਤਨੀ ਵਧ ਜਾਂਦੀ ਹੈ ਕਿ ਘਰ ਘਰ ਕਿਸੇ ਨ ਕਿਸੇ ਦੀ ਨਿੰਦਾ ਕਰਦਾ ਫਿਰਦਾ ਹੈ; ਪਰ ਭਾਗਾਂ ਵਾਲਾ ਹੈ ਉਹ ਬੰਦਾ ਜੋ ਸਤਿਗੁਰੂ ਦੇ ਸਵਾਰੇ ਹੋਏ ਗੁਰਸਿੱਖਾਂ ਦੀ ਸੰਗਤਿ ਵਿਚ ਆਉਂਦਾ ਹੈ ।

(੨੪) ਸਤਿਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲੇ ਗੁਰਮੁਖਾਂ ਦਾ ਦਰਸ਼ਨ ਕੀਤਿਆਂ ਪਰਮਾਤਮਾ ਦਾ ਸਿਮਰਨ ਕਰਨ ਲਈ ਮਨ ਵਿਚ ਚਾਉ ਪੈਦਾ ਹੁੰਦਾ ਹੈ, ਕਿਉਂਕਿ ਉਹ ਗੁਰਮੁਖ ਗੁਰੂ ਦੀ ਸ਼ਰਨ ਆ ਕੇ ਦਿਨ ਰਾਤ ਪ੍ਰਭੂ ਦੇ ਸਿਮਰਨ ਵਿਚ ਉਮਰ ਗੁਜ਼ਾਰਦੇ ਹਨ; ਗੁਰੂ ਦੀ ਕਿਰਪਾ ਨਾਲ ਉਹ ਪ੍ਰਭੂ-ਚਰਨਾਂ ਵਿਚ ਸਦਾ ਜੁੜੇ ਰਹਿੰਦੇ ਹਨ ।

(੨੫) ਜੋ ਮਨੁੱਖ ਪਰਮਾਤਮਾ ਦੀ ਭਗਤੀ ਕਰਦੇ ਹਨ ਉਹਨਾਂ ਦੀ ਸੰਗਤਿ ਕੀਤਿਆਂ ਪਾਪ ਵਿਕਾਰ ਦੂਰ ਹੋ ਜਾਂਦੇ ਹਨ ਤੇ ਉਸ ਪ੍ਰਭੂ ਨੂੰ ਹਰ ਵੇਲੇ ਸਿਮਰਨ ਦਾ ਉਤਸ਼ਾਹ ਪੈਦਾ ਹੁੰਦਾ ਹੈ ਜੋ ਸਭ ਜੀਵਾਂ ਨੂੰ ਰਿਜ਼ਕ ਦੇ ਰਿਹਾ ਹੈ ਤੇ ਜਿਸ ਦੇ ਦਰ ਤੋਂ ਸਭ ਜੀਵ ਮੰਗਦੇ ਹਨ ।

(੨੬) ਜੋ ਮਨੁੱਖ ਭਗਤੀ ਕਰਨ ਵਾਲੇ ਬੰਦਿਆਂ ਦੀ ਚਰਨ-ਧੂੜ ਮੱਥੇ ਤੇ ਲਾਂਦੇ ਹਨ ਉਹ ਭੀ ਪ੍ਰਭੂ ਦਾ ਸਿਮਰਨ ਕਰਨ ਲੱਗ ਪੈਂਦੇ ਹਨ, ਹਰੀ-ਨਾਮ ਨੂੰ ਜ਼ਿੰਦਗੀ ਦਾ ਆਸਰਾ ਬਣਾ ਲੈਂਦੇ ਹਨ ਜਿਵੇਂ ਰੋਟੀ ਸਰੀਰ ਦਾ ਆਸਰਾ

ਹੈ, ਹਰੀ-ਨਾਮ ਤੀਰਥ ਤੇ ਇਸ਼ਨਾਨ ਕਰ ਕੇ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ, ਤੇ ਪ੍ਰਭੂ-ਦਰ ਤੇ ਕਬੂਲ ਪੈਂਦੇ ਹਨ ।

(੨੭) ਸਾਧ ਸੰਗਤਿ, ਮਾਨੋ, ਇਕ ਨਗਰ ਹੈ ਜੋ ਗੁਰੂ ਨੇ ਵਸਾਇਆ ਹੈ; ਇਸ ਨਗਰ ਵਿਚ ਸਤਸੰਗੀ, ਮਾਨੋ, ਰਾਖੇ ਹਨ । ਜੋ ਮਨੁੱਖ ਇਸ ਨਗਰ ਵਿਚ ਆ ਕੇ ਵੱਸਦਾ ਹੈ, ਸਤਸੰਗੀ ਰਾਖਿਆਂ ਦੀ ਬਰਕਤਿ ਨਾਲ ਮਾਇਆ ਦੀ ਤ੍ਰਿਸ਼ਨਾ ਤੇ ਹੋਰ ਅਉਗੁਣ ਕੋਈ ਭੀ ਉਸ ਮਨੁੱਖ ਦੇ ਨੇੜੇ ਨਹੀਂ ਢੁਕ ਸਕਦਾ ।

(੨੮) ਸਾਰੇ ਜਗਤ ਨੂੰ ਪੈਦਾ ਕਰ ਕੇ ਪਰਮਾਤਮਾ ਸਭ ਜੀਵਾਂ ਦੀ ਪਾਲਣਾ ਭੀ ਆਪ ਹੀ ਕਰਦਾ ਹੈ; ਪਰ, ਖ਼ੁਸ਼ੀ-ਭਰਿਆ ਜੀਵਨ ਕੇਵਲ ਉਹਨਾਂ ਬੰਦਿਆਂ ਦਾ ਹੁੰਦਾ ਹੈ ਜੋ ਪ੍ਰਭੂ ਦੀ ਭਗਤੀ ਕਰਦੇ ਹਨ, ਕਿਉਂਕਿ ਪ੍ਰਭੂ ਸਿਮਰਨ ਕਰਨ ਵਾਲਿਆਂ ਤੇ ਤ੍ਰੁੱਠਦਾ ਹੈ, ਉਹਨਾਂ ਦੇ ਮਨ ਵਿਚੋਂ ਆਪ ਪ੍ਰਭੂ ਮਾਇਆ ਦਾ ਮੋਹ ਸਾੜ ਦੇਂਦਾ ਹੈ ।

(੨੯) ਸਾਰੇ ਜਗਤ ਵਿਚ ਪਰਮਾਤਮਾ ਦਾ ਹੀ ਹੁਕਮ ਵਰਤ ਰਿਹਾ ਹੈ; ਉਸ ਦੀ ਰਜ਼ਾ ਇਉਂ ਹੀ ਹੈ ਕਿ ਜੋ ਮਨੁੱਖ ਸਤਿਗੁਰੂ ਦੀ ਮਰਜ਼ੀ ਵਿਚ ਤੁਰਦਾ ਹੈ ਉਸ ਨੂੰ ਪ੍ਰਭੂ-ਦਰ ਤੋਂ ਵਡਿਆਈ ਮਿਲਦੀ ਹੈ, ਉਹ ਪ੍ਰਭੂ ਨੂੰ ਮਿਲ ਪੈਂਦਾ ਹੈ । ਸੋ, ਸਤਿਗੁਰੂ ਦੀ ਸ਼ਰਨ ਪੈਣਾ ਹੀ ਜੀਵਨ ਦਾ ਸਹੀ ਰਸਤਾ ਹੈ ।

ਸਮੁੱਚਾ-ਭਾਵ:

(੧) (੧ ਤੋਂ ੬ ਤਕ) ਇਹ ਸਾਰੀ ਜਗਤ-ਖੇਡ ਵਿਚ ਕਰਤਾਰ ਦੀ ਆਪਣੀ ਹੀ ਜੀਵਨ-ਰੌ ਰੁਮਕ ਰਹੀ ਹੈ, ਤ੍ਰੈ-ਗੁਣੀ ਮਾਇਆ ਭੀ ਉਸ ਨੇ ਆਪ ਹੀ ਬਣਾਈ ਹੈ; ਪਰ, ਜੀਵ ਨੂੰ ਇਸ ਗੱਲ ਦੀ ਪਰਤੀਤ ਗੁਰੂ ਦੀ ਸ਼ਰਨ ਤੋਂ ਬਿਨਾ ਨਹੀਂ ਆ ਸਕਦੀ; ਕਿਉਂਕਿ ਇਕ ਤਾਂ, ਜੀਵ ਮਾਇਆ ਦੇ ਮੋਹ ਵਿਚ ਫਸ ਕੇ ਮੂਰਖਪੁਣੇ ਵਿਚ ਲੱਗ ਪੈਂਦਾ ਹੈ, ਦੂਜੇ ਪਰਮਾਤਮਾ ਦਾ ਕੋਈ ਐਸਾ ਖ਼ਾਸ ਰੂਪ ਰੇਖ ਨਹੀਂ ਜਿਸ ਦੀ ਜੀਵ ਨੂੰ ਸਮਝ ਪੈ ਸਕੇ; ਤੇ ਜਿਸ ਮਾਇਆ ਦੇ ਮੋਹ ਵਿਚ ਫਸ ਕੇ ਵਿਕਾਰਾਂ ਵਿਚ ਰੁੱਝਦਾ ਹੈ, ਉਸ ਦਾ ਸਾਥ ਭੀ ਨਹੀਂ ਨਿਭਦਾ ।

(੨) (੭ ਤੋਂ ੧੪ ਤਕ) ਗੁਰੂ ਦੇ ਸਨਮੁਖ ਹੋ ਕੇ ਪ੍ਰਭੂ ਦਾ ਨਾਮ ਸਿਮਰਿਆਂ ਮਨੁੱਖ ਦਾ ਮਨ ਇਕ ਤਾਂ ਵਿਕਾਰਾਂ ਵਿਚ ਪੈਣ ਦੇ ਥਾਂ 'ਨਾਮ' ਵਿਚ ਪਤੀਜਿਆ ਰਹਿੰਦਾ ਹੈ, ਮਾਇਆ ਦਾ ਮੋਹ ਉਸ ਨੂੰ ਕੋਈ ਖਿੱਚ ਨਹੀਂ ਪਾ ਸਕਦਾ; ਦੂਜੇ, ਸਿਮਰਨ ਨਾਲ ਪ੍ਰਭੂ ਦਾ ਥਾਂ ਵੱਸਦਾ ਸਹੀ ਹੋਣ ਕਰਕੇ ਕਿਸੇ ਤਰ੍ਹਾਂ ਦਾ ਕੋਈ ਡਰ ਉਸ ਨੂੰ ਨਹੀਂ ਵਿਆਪਦਾ; ਐਸਾ ਵਡਭਾਗੀ ਜੀਵ ਪਰਮਾਤਮਾ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ਜੀਵਨ ਸੁਖੀ ਹੋ ਜਾਂਦਾ ਹੈ, ਨਾਮ-ਅੰਮ੍ਰਿਤ ਦਾ ਰਸ ਆਇਆਂ ਤ੍ਰਿਸ਼ਨਾ ਮਿਟ ਜਾਂਦੀ ਹੈ, ਤੇ ਪ੍ਰਭੂ ਦੇ ਰਚੇ ਬੰਦਿਆਂ ਨਾਲ ਇਉਂ ਪਿਆਰ ਕਰਨ ਲੱਗ ਪੈਂਦਾ ਹੈ ਜਿਵੇਂ ਆਪਣੇ ਮਿੱਤ੍ਰਾਂ ਪੁੱਤ੍ਰਾਂ ਤੇ ਭਰਾਵਾਂ ਨਾਲ ਕਰੀਦਾ ਹੈ ।

(੩) (੧੫ ਤੋਂ ੨੩ ਤਕ) ਧਨ ਪਦਾਰਥ ਆਦਿਕ ਇਕੱਠਾ ਕਰਨਾ ਜ਼ਿੰਦਗੀ ਦਾ ਅਸਲ ਮਨੋਰਥ ਨਹੀਂ, ਇਹਨਾਂ ਨਾਲ ਸਾਥ ਤੋੜ ਨਹੀਂ ਨਿਭਦਾ; ਪਰ ਇਹ ਵਰਜਿਤ ਭੀ ਨਹੀਂ, ਇਹਨਾਂ ਦੀ ਰਾਹੀਂ ਖ਼ਲਕਤਿ ਦੀ ਸੇਵਾ ਕਰੇ; ਇਹਨਾਂ ਦਾ ਮਾਣ ਕਰਨ ਦੇ ਥਾਂ ਆਪਾ-ਭਾਵ ਮਿਟਾ ਕੇ ਆਪਣੇ ਸਤਿਗੁਰੂ ਦੀ ਰਜ਼ਾ ਵਿਚ ਮਨੁੱਖ ਤੁਰੇ ਤੇ ਪ੍ਰਭੂ ਦਾ ਨਾਮ ਸਿਮਰ ਕੇ ਅੰਦਰੋਂ ਵਿਕਾਰ ਦੂਰ ਕਰੇ—ਐਸਾ ਮਨੁੱਖ ਹੈ ਅਸਲ ਧਨੀ; ਅਜਿਹਾ ਮਨੁੱਖ ਹੀ ਇਸ ਜਗਤ-ਚੌਪੜ ਵਿਚੋਂ ਬਾਜ਼ੀ ਜਿੱਤ ਕੇ ਜਾਂਦਾ ਹੈ, ਇਹੀ ਹੈ ਮੁਕੰਮਲ ਇਨਸਾਨ, ਕਿਉਂਕਿ ਨਾਮ ਸਿਮਰਿਆਂ ਸਾਰੇ ਆਤਮਕ ਰੋਗ ਦੁੱਖ ਦੂਰ ਹੋ ਜਾਂਦੇ ਹਨ । ਪਰ, ਧਨ ਪਦਾਰਥ ਆਦਿਕ ਦੀ ਟੇਕ ਤੇ ਜਿਸ ਦੀ ਮਨੁੱਖ ਨੂੰ ਸਤਿਗੁਰੂ ਦੀ ਚਰਨੀ ਲੱਗਣੋਂ ਘ੍ਰਿਣਾ ਹੁੰਦੀ ਹੈ ਉਸ ਨੂੰ ਖ਼ਲਕਤਿ ਵਲੋਂ ਭੀ ਸੂਗ ਹੀ ਬਣੀ ਰਹਿੰਦੀ ਹੈ ਤੇ ਉਸ ਦੀ ਸੁਰਤ ਵਿਕਾਰਾਂ ਵਲ ਪਰਤੀ ਰਹਿੰਦੀ ਹੈ ।

(੪) (੨੪ ਤੋਂ ੨੭ ਤਕ) ਸਤਿਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪ੍ਰਭੂ ਦਾ ਨਾਮ ਸਿਮਰਨ ਵਾਲੇ ਮਨੁੱਖਾਂ ਦੀ ਸੰਗਤਿ

ਕਰਨ ਵਾਲਿਆਂ ਦੇ ਮਨ ਵਿਚ ਭੀ ਸਿਮਰਨ ਦਾ ਇਤਨਾ ਚਾਅ ਤੇ ਉਤਸ਼ਾਹ ਪੈਦਾ ਹੋ ਜਾਂਦਾ ਹੈ ਕਿ ਵਿਕਾਰਾਂ ਵਲ ਉਹਨਾਂ ਦਾ ਮਨ ਪਰਤਣੋਂ ਹਟ ਜਾਂਦਾ ਹੈ; ਉਹ ਹਰੀ-ਨਾਮ ਨੂੰ ਜ਼ਿੰਦਗੀ ਦਾ ਆਸਰਾ ਬਣਾ ਲੈਂਦੇ ਹਨ, ਜਿਵੇਂ ਰੋਟੀ ਸਰੀਰ ਦਾ ਆਸਰਾ ਹੈ । ਬੰਦਗੀ ਵਾਲਿਆਂ ਦੀ ਸੰਗਤਿ ਇਕ ਐਸਾ ਨਗਰ ਸਮਝੋ ਜਿੱਥੇ ਵੱਸਿਆਂ ਕਿਸੇ ਵਿਕਾਰ-ਰੂਪ ਚੋਰ ਡਾਕੂ ਦਾ ਡਰ ਨਹੀਂ ਰਹਿੰਦਾ ।

(੫) ਕਰਤਾਰ ਨੇ ਜਗਤ-ਰਚਨਾ ਵਿਚ ਨਿਯਮ ਹੀ ਇਹ ਰੱਖਿਆ ਹੈ ਕਿ ਮਨੁੱਖ ਸਤਿਗੁਰੂ ਦੀ ਰਜ਼ਾ ਵਿਚ ਤੁਰ ਕੇ ਭਗਤੀ ਕਰੇ, ਉਸੇ ਮਨੁੱਖ ਦਾ ਜੀਵਨ ਖ਼ੁਸ਼ੀ-ਭਰਿਆ ਹੋ ਸਕਦਾ ਹੈ; ਸਤਿਗੁਰੂ ਦੀ ਸ਼ਰਨ ਪੈਣਾ ਹੀ ਜੀਵਨ ਦਾ ਸਹੀ ਰਸਤਾ ਹੈ । (੨੮, ੨੯) ।

ਮੁੱਖ ਭਾਵ:

ਕਰਤਾਰ ਦੀ ਰਚੀ ਹੋਈ ਤ੍ਰੈਗੁਣੀ ਮਾਇਆ ਜੀਵਾਂ ਉੱਤੇ ਪ੍ਰਭਾਵ ਪਾ ਕੇ ਇਹਨਾਂ ਨੂੰ ਕੁਰਾਹੇ ਪਾ ਦੇਂਦੀ ਹੈ; ਪਰ ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪ੍ਰਭੂ ਦੀ ਭਗਤੀ ਕਰਦੇ ਹਨ, ਉਹਨਾਂ ਨੂੰ ਵਿਕਾਰ ਪੋਹ ਨਹੀਂ ਸਕਦੇ । ਸਤਿਗੁਰੂ ਦੀ ਸ਼ਰਨ ਪੈਣਾ ਹੀ ਜੀਵਨ ਦਾ ਸਹੀ ਰਸਤਾ ਹੈ ।

‘ਵਾਰ’ ਦੀ ਬਣਤਰ

ਗੁਰੂ ਰਾਮਦਾਸ ਜੀ ਦੀ ਉਚਾਰੀ ਹੋਈ ਇਸ ‘ਵਾਰ’ ਵਿਚ ੨੯ ਪਉੜੀਆਂ ਹਨ ਤੇ ੫੮ ਸ਼ਲੋਕ; ਹਰੇਕ ਪਉੜੀ ਦੇ ਨਾਲ ਦੋ ਦੋ ਸਲੋਕ । ਸਲੋਕਾਂ ਦਾ ਵੇਰਵਾ:

ਸਲੋਕ ਮ: ੩ — ੪੮
ਸਲੋਕ ਮ: ੪ — ੭
ਸਲੋਕ ਮ: ੨ — ੧
ਸਲੋਕ ਮ: ੧ — ੨
. . . . ——
. ਜੋੜ . . . ੫੮

ਇਹ ‘ਵਾਰ’ ਗੁਰੂ ਰਾਮਦਾਸ ਜੀ ਦੀ ਹੈ, ਪਰ ੫੮ ਸਲੋਕਾਂ ਵਿਚੋਂ ਉਹਨਾਂ ਦੇ ਆਪਣੇ ਸਿਰਫ਼ ੭ ਹਨ । ਜੇ ਸਲੋਕਾਂ-ਸਮੇਤ ‘ਵਾਰ’ ਉਚਾਰੀ ਹੁੰਦੀ, ਤਾਂ ਸ਼ਲੋਕ ਤਕਰੀਬਨ ਸਾਰੇ ਹੀ ਗੁਰੂ ਅਮਰਦਾਸ ਜੀ ਦੇ ਹੋਣ ਕਰ ਕੇ, ਇਸ ਦਾ ਸਿਰ-ਲੇਖ “ਸੋਰਠਿ ਕੀ ਵਾਰ ਮਹਲੇ ੪ ਕੀ” ਫਬ ਨਾਹ ਸਕਦਾ, ਕਿਉਂਕਿ ਗੁਰੂ ਰਾਮਦਾਸ ਜੀ ਦੀਆਂ ੨੯ ਪਉੜੀਆਂ ਦੇ ਟਾਕਰੇ ਤੇ ਗੁਰੂ ਅਮਰਦਾਸ ਜੀ ਦੇ ੪੮ ਸਲੋਕ ਆ ਗਏ ਹਨ, ਦੋਹਾਂ ਗੁਰ-ਵਿਅਕਤੀਆਂ ਦੀ ਬਾਣੀ ਵਿਚੋਂ ਗਿਣਤੀ ਦੇ ਲਿਹਾਜ਼ ਨਾਲ ਸਗੋਂ ਗੁਰੂ ਅਮਰਦਾਸ ਜੀ ਦੀ ਬਾਣੀ ਵਧੀਕ ਹੋ ਗਈ । ਸੋ, ਅਸਲੀਅਤ ਇਹ ਹੈ ਕਿ ਸਿਰਫ਼ ਪਉੜੀਆਂ ਦੇ ਹੀ ਸੰਗ੍ਰਹਿ ਦਾ ਨਾਮ ‘ਵਾਰ’ ਹੈ ।

ੴ ਸਤਿਗੁਰ ਪ੍ਰਸਾਦਿ ॥ ਸਲੋਕੁ ਮ: ੧ ॥ ਸੋਰਠਿ ਸਦਾ ਸੁਹਾਵਣੀ ਜੇ ਸਚਾ ਮਨਿ ਹੋਇ ॥ ਦੰਦੀ ਮੈਲੁ ਨ ਕਤੁ ਮਨਿ ਜੀਭੈ ਸਚਾ ਸੋਇ ॥ ਸਸੁਰੈ ਪੇਈਐ ਭੈ ਵਸੀ ਸਤਿਗੁਰੁ ਸੇਵਿ ਨਿਸੰਗ ॥ ਪਰਹਰਿ ਕਪੜੁ ਜੇ ਪਿਰ ਮਿਲੈ ਖੁਸੀ ਰਾਵੈ ਪਿਰੁ ਸੰਗਿ ॥ ਸਦਾ ਸੀਗਾਰੀ ਨਾਉ ਮਨਿ ਕਦੇ ਨ ਮੈਲੁ ਪਤੰਗੁ ॥ ਦੇਵਰ ਜੇਠ ਮੁਏ ਦੁਖਿ ਸਸੂ ਕਾ ਡਰੁ ਕਿਸੁ ॥ ਜੇ ਪਿਰ ਭਾਵੈ ਨਾਨਕਾ ਕਰਮ ਮਣੀ ਸਭੁ ਸਚੁ ॥੧॥
{ਪੰਨਾ 642}

ਪਦਅਰਥ:- ਮਨਿ—ਮਨ ਵਿਚ । ਦੰਦੀ ਮੈਲੁ—ਦੰਦਾਂ ਵਿਚ ਮੈਲ, ਦੰਦ-ਕਥਾ, ਨਿੰਦਿਆ । ਕਤੁ—ਚੀਰ, ਵਿੱਥ, ਵੈਰ-ਵਿਰੋਧ । ਸਸੁਰੈ—ਸਹੁਰੇ ਘਰ, ਪਰਲੋਕ ਵਿਚ । ਪੇਈਐ—ਪੇਕੇ ਘਰ, ਇਸ ਲੋਕ ਵਿਚ । ਨਿਸੰਗ—ਨਿਝੱਕ । ਪਰਹਰਿ—ਛੱਡ ਕੇ । ਕਪੜੁ—ਵਿਖਾਵਾ । ਪਿਰ ਮਿਲੈ—ਪਤੀ ਨੂੰ ਮਿਲੇ । ਪਿਰੁ ਰਾਵੈ—ਪਤੀ ਮਾਣਦਾ ਹੈ । ਖੁਸੀ ਸੰਗਿ ਪ੍ਰਸੰਨਤਾ ਨਾਲ, ਤ੍ਰੁੱਠ ਕੇ । ਪਤੰਗੁ—ਰਤਾ ਭਰ ਭੀ । ਸਸੁ—ਮਾਇਆ । ਦੇਵਰ ਜੇਠ—(ਸੱਸ) ਮਾਇਆ ਦੇ ਪੁਤ੍ਰ, ਕਾਮਾਦਿਕ ਵਿਕਾਰ । ਪਿਰ ਭਾਵੈ—ਪਤੀ ਨੂੰ ਚੰਗੀ ਲੱਗੇ । ਕਰਮ ਮਣੀ—ਭਾਗਾਂ ਦੀ ਮਣੀ ।

ਅਰਥ:- ਸੋਰਠਿ ਰਾਗਣੀ ਸਦਾ ਸੋਹਣੀ ਲੱਗੇ ਜੇ (ਇਸ ਦੀ ਰਾਹੀਂ ਪ੍ਰਭੂ ਦੇ ਗੁਣ ਗਾਂਵਿਆਂ) ਸਦ-ਥਿਰ ਰਹਿਣ ਵਾਲਾ ਪ੍ਰਭੂ ਮਨ ਵਿਚ ਵੱਸ ਪਏ, ਨਿੰਦਿਆ ਕਰਨ ਦੀ ਵਾਦੀ ਨਾਹ ਰਹੇ, ਮਨ ਵਿਚ ਕਿਸੇ ਨਾਲ ਵੈਰ-ਵਿਰੋਧ ਨਾਹ ਹੋਵੇ, ਤੇ ਜੀਭ ਉਤੇ ਉਹ ਸੱਚਾ ਮਾਲਕ ਹੋਵੇ । (ਇਸ ਤਰ੍ਹਾਂ ਜੀਵ-ਇਸਤ੍ਰੀ) ਲੋਕ ਪਰਲੋਕ ਵਿਚ (ਪਰਮਾਤਮਾ ਦੇ) ਡਰ ਵਿਚ ਜੀਵਨ ਗੁਜ਼ਾਰਦੀ ਹੈ ਤੇ ਗੁਰੂ ਦੀ ਸੇਵਾ ਕਰ ਕੇ ਨਿਝੱਕ ਹੋ ਜਾਂਦੀ ਹੈ (ਭਾਵ, ਕੋਈ ਸਹਿਮ ਦੱਬਾ ਨਹੀਂ ਪਾਂਦਾ) । ਵਿਖਾਵਾ ਛੱਡ ਕੇ ਜੇ ਪਤੀ-ਪ੍ਰਭੂ ਨੂੰ ਮਿਲ ਪਏ ਤਾਂ ਪਤੀ ਭੀ ਤ੍ਰੁੱਠ ਕੇ ਇਸ ਨੂੰ ਆਪਣੇ ਨਾਲ ਮਿਲਾਂਦਾ ਹੈ; ਜਿਸ ਜੀਵ-ਇਸਤ੍ਰੀ ਦੇ ਮਨ ਵਿਚ ਪ੍ਰਭੂ ਦਾ ਨਾਮ ਟਿਕ ਜਾਏ ਉਹ (ਇਸ ਨਾਮ-ਸਿੰਗਾਰ ਨਾਲ) ਸਦਾ ਸਜੀ ਰਹਿੰਦੀ ਹੈ ਤੇ ਕਦੇ (ਵਿਕਾਰਾਂ ਦੀ ਉਸ ਨੂੰ) ਰਤਾ ਭਰ ਭੀ ਮੈਲ ਨਹੀਂ ਲੱਗਦੀ । ਉਸ ਜੀਵ-ਇਸਤ੍ਰੀ ਦੇ ਕਾਮਾਦਿਕ ਵਿਕਾਰ ਮੁੱਕ ਜਾਂਦੇ ਹਨ, ਮਾਇਆ ਦਾ ਭੀ ਕੋਈ ਦਬਾਅ ਉਸ ਉਤੇ ਨਹੀਂ ਰਹਿ ਜਾਂਦਾ ।

ਹੇ ਨਾਨਕ! (ਪ੍ਰਭੂ-ਪਤੀ ਨੂੰ ਮਨ ਵਿਚ ਵਸਾ ਕੇ) ਜੇ ਜੀਵ-ਇਸਤ੍ਰੀ ਪਤੀ-ਪ੍ਰਭੂ ਨੂੰ ਚੰਗੀ ਲੱਗੇ ਤਾਂ ਉਸ ਦੇ ਮੱਥੇ ਤੇ ਭਾਗਾਂ ਦਾ ਟਿੱਕਾ (ਸਮਝੋ) ਉਸ ਨੂੰ ਹਰ ਥਾਂ ਸੱਚਾ ਪ੍ਰਭੂ ਹੀ (ਦਿੱਸਦਾ ਹੈ) ।੧।

ਮਃ ੪ ॥ ਸੋਰਠਿ ਤਾਮਿ ਸੁਹਾਵਣੀ ਜਾ ਹਰਿ ਨਾਮੁ ਢੰਢੋਲੇ ॥ ਗੁਰ ਪੁਰਖੁ ਮਨਾਵੈ ਆਪਣਾ ਗੁਰਮਤੀ ਹਰਿ ਹਰਿ ਬੋਲੇ ॥ ਹਰਿ ਪ੍ਰੇਮਿ ਕਸਾਈ ਦਿਨਸੁ ਰਾਤਿ ਹਰਿ ਰਤੀ ਹਰਿ ਰੰਗਿ ਚੋਲੇ ॥ {ਪੰਨਾ 642}

ਪਦਅਰਥ:- ਤਾਮਿ—ਤਦੋਂ । ਪ੍ਰੇਮਿ—ਪ੍ਰੇਮ ਦੀ ਰਾਹੀਂ । ਕਸਾਈ—ਖਿੱਚੀ ਹੋਈ । ਚੋਲਾ—ਸਰੀਰ ।

ਅਰਥ:- ਸੋਰਠਿ ਰਾਗਣੀ ਤਦੋਂ ਸੋਹਣੀ ਹੈ, ਜੇ (ਇਸ ਦੀ ਰਾਹੀਂ ਜੀਵ-ਇਸਤ੍ਰੀ) ਹਰੀ ਦੇ ਨਾਮ ਦੀ ਖੋਜ ਕਰੇ, ਆਪਣੇ ਵੱਡੇ ਪਤੀ ਹਰੀ ਨੂੰ ਪ੍ਰਸੰਨ ਕਰੇ ਤੇ ਸਤਿਗੁਰੂ ਦੀ ਸਿੱਖਿਆ ਲੈ ਕੇ ਪ੍ਰਭੂ ਦਾ ਸਿਮਰਨ ਕਰੇ; ਦਿਨ ਰਾਤ ਹਰੀ ਦੇ ਪ੍ਰੇਮ ਦੀ ਖਿੱਚੀ ਹੋਈ ਆਪਣੇ (ਸਰੀਰ-ਰੂਪ) ਚੋਲੇ ਨੂੰ ਹਰੀ ਦੇ ਰੰਗ ਵਿਚ ਰੰਗੀ ਰੱਖੇ ।

ਹਰਿ ਜੈਸਾ ਪੁਰਖੁ ਨ ਲਭਈ ਸਭੁ ਦੇਖਿਆ ਜਗਤੁ ਮੈ ਟੋਲੇ ॥ {ਪੰਨਾ 642}

ਅਰਥ:- ਮੈਂ ਸਾਰਾ ਸੰਸਾਰ ਟੋਲ ਕੇ ਵੇਖ ਲਿਆ ਹੈ ਪਰਮਾਤਮਾ ਜਿਹਾ ਕੋਈ ਪੁਰਖ ਨਹੀਂ ਲੱਭਾ ।

ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਮਨੁ ਅਨਤ ਨ ਕਾਹੂ ਡੋਲੇ ॥ ਜਨੁ ਨਾਨਕੁ ਹਰਿ ਕਾ ਦਾਸੁ ਹੈ ਗੁਰ ਸਤਿਗੁਰ ਕੇ ਗੋਲ ਗੋਲੇ ॥੨॥ {ਪੰਨਾ 642}

ਪਦਅਰਥ:- ਅਨਤ—ਕਿਸੇ ਹੋਰ ਪਾਸੇ । ਗੋਲ ਗੋਲੇ—ਗੋਲਿਆਂ ਦਾ ਗੋਲਾ ।

ਅਰਥ:- ਗੁਰੂ ਸਤਿਗੁਰੂ ਨੇ ਹਰੀ ਦਾ ਨਾਮ (ਮੇਰੇ ਹਿਰਦੇ ਵਿਚ) ਦ੍ਰਿੜ੍ਹ ਕੀਤਾ ਹੈ, (ਇਸ ਕਰ ਕੇ ਹੁਣ) ਮੇਰਾ ਮਨ ਕਿਧਰੇ ਡੋਲਦਾ ਨਹੀਂ; ਦਾਸ ਨਾਨਕ ਪ੍ਰਭੂ ਦਾ ਦਾਸ ਹੈ ਤੇ ਗੁਰੂ ਸਤਿਗੁਰੂ ਦੇ ਦਾਸਾਂ ਦਾ ਦਾਸ ਹੈ ।

ਪਉੜੀ ॥ ਤੂ ਆਪੇ ਸਿਸਟਿ ਕਰਤਾ ਸਿਰਜਣਹਾਰਿਆ ॥ ਤੁਧੁ ਆਪੇ ਖੇਲੁ ਰਚਾਇ ਤੁਧੁ ਆਪਿ ਸਵਾਰਿਆ ॥ ਦਾਤਾ ਕਰਤਾ ਆਪਿ ਆਪਿ ਭੋਗਣਹਾਰਿਆ ॥ ਸਭੁ ਤੇਰਾ ਸਬਦੁ ਵਰਤੈ ਉਪਾਵਣਹਾਰਿਆ ॥ ਹਉ ਗੁਰਮੁਖਿ ਸਦਾ ਸਲਾਹੀ ਗੁਰ ਕਉ ਵਾਰਿਆ ॥੧॥ {ਪੰਨਾ 642}

ਪਦਅਰਥ:- ਸਬਦੁ—ਹੁਕਮ, ਜੀਵਨ-ਰੌ । ਹਉ—ਮੈਂ । ਗੁਰਮੁਖਿ—ਗੁਰੂ ਦੀ ਰਾਹੀਂ ।

ਅਰਥ:- ਹੇ ਸਿਰਜਣਹਾਰ! ਤੂੰ ਆਪ ਹੀ ਸੰਸਾਰ ਦੇ ਰਚਣ ਵਾਲਾ ਹੈਂ; (ਸੰਸਾਰ-ਰੂਪ) ਖੇਡ ਬਣਾ ਕੇ ਤੂੰ ਆਪ ਹੀ ਇਸ ਨੂੰ ਸੋਹਣਾ ਬਣਾਇਆ ਹੈ; ਸੰਸਾਰ ਰਚਣ ਵਾਲਾ ਤੂੰ ਆਪ ਹੈਂ । ਇਸ ਨੂੰ ਦਾਤਾਂ ਬਖ਼ਸ਼ਣ ਵਾਲਾ ਭੀ ਤੂੰ ਆਪ ਹੀ ਹੈਂ, ਉਹਨਾਂ ਦਾਤਾਂ ਨੂੰ ਭੋਗਣ ਵਾਲਾ ਭੀ ਤੂੰ ਹੀ ਹੈਂ; ਹੇ ਪੈਦਾ ਕਰਨ ਵਾਲੇ! ਸਭ ਥਾਈਂ ਤੇਰੀ ਜੀਵਨ-ਰੌ ਵਰਤ ਰਹੀ ਹੈ । (ਪਰ) ਮੈਂ ਆਪਣੇ ਸਤਿਗੁਰੂ ਤੋਂ ਸਦਕੇ ਹਾਂ ਜਿਸ ਦੇ ਸਨਮੁਖ ਹੋ ਕੇ ਤੇਰੀ ਸਿਫ਼ਤਿ-ਸਾਲਾਹ ਸਦਾ ਕਰ ਸਕਦਾ ਹਾਂ ।੧।

ਸਲੋਕੁ ਮਃ ੩ ॥ ਹਉਮੈ ਜਲਤੇ ਜਲਿ ਮੁਏ ਭ੍ਰਮਿ ਆਏ ਦੂਜੈ ਭਾਇ ॥ ਪੂਰੈ ਸਤਿਗੁਰਿ ਰਾਖਿ ਲੀਏ ਆਪਣੈ ਪੰਨੈ ਪਾਇ ॥ {ਪੰਨਾ 643}

ਪਦਅਰਥ:- ਪੰਨੈ ਪਾਇ—ਲੇਖੇ ਵਿਚ ਲਿਖ ਕੇ, ਆਪਣੇ ਬਣਾ ਕੇ । ਆਏ—ਗੁਰੂ ਦੇ ਦਰ ਤੇ ਆਏ ।

ਅਰਥ:- (ਸੰਸਾਰੀ ਜੀਵ) ਹਉਮੈ ਵਿਚ ਸੜਦੇ ਹੋਏ ਸੜ ਮੁਏ ਸਨ ਤੇ ਮਾਇਆ ਦੇ ਮੋਹ ਵਿਚ ਭਟਕ ਭਟਕ ਕੇ ਜਦੋਂ ਗੁਰੂ ਦੇ ਦਰ ਤੇ ਆਏ ਤਾਂ ਪੂਰੇ ਸਤਿਗੁਰੂ ਨੇ ਆਪਣੇ ਲੜ ਲਾ ਕੇ ਬਚਾ ਲਏ ਹਨ ।

ਇਹੁ ਜਗੁ ਜਲਤਾ ਨਦਰੀ ਆਇਆ ਗੁਰ ਕੈ ਸਬਦਿ ਸੁਭਾਇ ॥ ਸਬਦਿ ਰਤੇ ਸੇ ਸੀਤਲ ਭਏ ਨਾਨਕ ਸਚੁ ਕਮਾਇ ॥੧॥ {ਪੰਨਾ 643}

ਅਰਥ:- ਉਹਨਾਂ ਨੂੰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸੁਭਾਵਿਕ ਹੀ ਇਹ ਸੰਸਾਰ ਸੜਦਾ ਦਿੱਸਿਆ, ਤਾਂ ਹੇ ਨਾਨਕ! ਉਹ ਗੁਰੂ ਦੇ ਸ਼ਬਦ ਵਿਚ ਰੰਗੀਜ ਕੇ ਤੇ ਨਾਮ-ਸਿਮਰਨ ਦੀ ਕਮਾਈ ਕਰ ਕੇ ਠੰਢੇ-ਠਾਰ ਹੋ ਗਏ ।੧।

ਮਃ ੩ ॥ ਸਫਲਿਓ ਸਤਿਗੁਰੁ ਸੇਵਿਆ ਧੰਨੁ ਜਨਮੁ ਪਰਵਾਣੁ ॥ ਜਿਨਾ ਸਤਿਗੁਰੁ ਜੀਵਦਿਆ ਮੁਇਆ ਨ ਵਿਸਰੈ ਸੇਈ ਪੁਰਖ ਸੁਜਾਣ ॥ ਕੁਲੁ ਉਧਾਰੇ ਆਪਣਾ ਸੋ ਜਨੁ ਹੋਵੈ ਪਰਵਾਣੁ ॥ {ਪੰਨਾ 643}

ਪਦਅਰਥ:- ਜੀਵਦਿਆ ਮੁਇਆ—ਜਨਮ ਤੋਂ ਮਰਨ ਤਕ, ਸਾਰੀ ਉਮਰ ।

ਅਰਥ:- ਉਹਨਾਂ ਮਨੁੱਖਾਂ ਦਾ ਸੇਵਿਆ ਹੋਇਆ ਸਤਿਗੁਰੂ ਸਫਲ ਹੈ (ਭਾਵ, ਸਤਿਗੁਰੂ ਦੀ ਸੇਵਾ ਉਹਨਾਂ ਲਈ ਸਫਲ ਹੈ) ਤੇ ਉਹਨਾਂ ਦਾ ਜਨਮ ਭੀ ਸ਼ਲਾਘਾ-ਜੋਗ ਤੇ ਕਬੂਲ ਹੋਣ ਦੇ ਜੋਗ ਹੁੰਦਾ ਹੈ, ਉਹੀ ਮਨੁੱਖ ਸਿਆਣੇ (ਗਿਣੇ ਜਾਂਦੇ ਹਨ) ਜਿਨ੍ਹਾਂ ਨੂੰ ਸਾਰੀ ਉਮਰ ਕਦੇ ਭੀ ਆਪਣਾ ਸਤਿਗੁਰੂ ਨਹੀਂ ਭੁੱਲਦਾ । (ਜੋ ਮਨੁੱਖ ਇਹੋ ਜਿਹੀ ਕਾਰ ਕਰਦਾ ਹੈ) ਉਹ ਆਪ ਕਬੂਲ ਹੋ ਜਾਂਦਾ ਹੈ ਤੇ ਆਪਣੀ ਕੁਲ ਨੂੰ ਭੀ ਤਾਰ ਲੈਂਦਾ ਹੈ ।

ਗੁਰਮੁਖਿ ਮੁਏ ਜੀਵਦੇ ਪਰਵਾਣੁ ਹਹਿ ਮਨਮੁਖ ਜਨਮਿ ਮਰਾਹਿ ॥ ਨਾਨਕ ਮੁਏ ਨ ਆਖੀਅਹਿ ਜਿ ਗੁਰ ਕੈ ਸਬਦਿ ਸਮਾਹਿ ॥੨॥ {ਪੰਨਾ 643}

ਅਰਥ:- ਸਤਿਗੁਰੂ ਦੇ ਸਨਮੁਖ ਮਨੁੱਖ ਕਬੂਲ ਹਨ, ਪਰ, ਮਨ ਦੇ ਅਧੀਨ ਮਨੁੱਖ ਜੰਮਦੇ ਮਰਦੇ ਰਹਿੰਦੇ ਹਨ; ਹੇ ਨਾਨਕ! ਜੋ ਮਨੁੱਖ ਸਤਿਗੁਰੂ ਦੇ ਸ਼ਬਦ ਵਿਚ ਲੀਨ ਹੋ ਜਾਂਦੇ ਹਨ, ਉਹਨਾਂ ਨੂੰ ਮੁਏ ਹੋਏ ਨਹੀਂ ਆਖੀਦਾ ।੨।

ਪਉੜੀ ॥ ਹਰਿ ਪੁਰਖੁ ਨਿਰੰਜਨੁ ਸੇਵਿ ਹਰਿ ਨਾਮੁ ਧਿਆਈਐ ॥ ਸਤਸੰਗਤਿ ਸਾਧੂ ਲਗਿ ਹਰਿ ਨਾਮਿ ਸਮਾਈਐ ॥ {ਪੰਨਾ 643}

ਪਦਅਰਥ:- ਨਿਰੰਜਨੁ—ਅੰਜਨ-ਰਹਿਤ, ਮਾਇਆ ਤੋਂ ਰਹਿਤ ।

ਅਰਥ:- ਮਾਇਆ ਤੋਂ ਰਹਿਤ ਅਕਾਲ ਪੁਰਖ ਦੀ ਸੇਵਾ ਕਰ ਕੇ ਉਸ ਦਾ ਨਾਮ ਸਿਮਰਨਾ ਚਾਹੀਦਾ ਹੈ; (ਪਰ) ਗੁਰੂ ਦੀ ਸੰਗਤਿ ਵਿਚ ਹੀ ਜੁੜ ਕੇ ਹਰੀ ਦੇ ਨਾਮ ਵਿਚ ਲੀਨ ਹੋ ਸਕੀਦਾ ਹੈ ।

ਹਰਿ ਤੇਰੀ ਵਡੀ ਕਾਰ ਮੈ ਮੂਰਖ ਲਾਈਐ ॥ ਹਉ ਗੋਲਾ ਲਾਲਾ ਤੁਧੁ ਮੈ ਹੁਕਮੁ ਫੁਰਮਾਈਐ ॥ ਹਉ ਗੁਰਮੁਖਿ ਕਾਰ ਕਮਾਵਾ ਜਿ ਗੁਰਿ ਸਮਝਾਈਐ ॥੨॥ {ਪੰਨਾ 643}

ਪਦਅਰਥ:- ਮੈ—ਮੈਨੂੰ । ਗੁਰਿ—ਗੁਰੂ ਨੇ ।

ਅਰਥ:- ਹੇ ਹਰੀ! ਮੈਨੂੰ ਮੂਰਖ ਨੂੰ ਆਪਣੀ ਵੱਡੀ ਕਾਰ (ਭਾਵ, ਭਗਤੀ) ਵਿਚ ਜੋੜ ਲੈ; ਮੈਨੂੰ ਹੁਕਮ ਕਰ, ਮੈਂ ਤੇਰੇ ਦਾਸਾਂ ਦਾ ਦਾਸ ਹਾਂ; (ਮੇਹਰ ਕਰ ਕਿ) ਸਤਿਗੁਰੂ ਨੇ ਜੋ ਕਾਰ ਸਮਝਾਈ ਹੈ ਉਹ ਮੈਂ ਸਤਿਗੁਰੂ ਦੇ ਸਨਮੁਖ ਹੋ ਕੇ ਕਰਾਂ ।੨।

ਸਲੋਕੁ ਮਃ ੩ ॥ ਪੂਰਬਿ ਲਿਖਿਆ ਕਮਾਵਣਾ ਜਿ ਕਰਤੈ ਆਪਿ ਲਿਖਿਆਸੁ ॥ ਮੋਹ ਠਗਉਲੀ ਪਾਈਅਨੁ ਵਿਸਰਿਆ ਗੁਣਤਾਸੁ ॥ {ਪੰਨਾ 643}

ਪਦਅਰਥ:- ਪਾਈਅਨੁ—ਉਸ (ਹਰੀ) ਨੇ ਪਾ ਦਿੱਤੀ ਹੈ, ਦੇ ਦਿੱਤੀ ਹੈ । ਗੁਣਤਾਸੁ—ਗੁਣਾਂ ਦਾ ਖ਼ਜ਼ਾਨਾ ਪ੍ਰਭੂ ।

ਅਰਥ:- (ਪਿਛਲੇ ਕੀਤੇ ਕਰਮਾਂ ਅਨੁਸਾਰ) ਮੁੱਢ ਤੋਂ ਜੋ (ਸੰਸਕਾਰ-ਰੂਪ ਲੇਖ) ਲਿਖਿਆ (ਭਾਵ, ਉੱਕਰਿਆ) ਹੋਇਆ ਹੈ ਤੇ ਜੋ ਕਰਤਾਰ ਨੇ ਆਪ ਲਿਖ ਦਿੱਤਾ ਹੈ ਉਹ (ਜ਼ਰੂਰ) ਕਮਾਉਣਾ ਪੈਂਦਾ ਹੈ; (ਉਸ ਲੇਖ ਅਨੁਸਾਰ ਹੀ) ਮੋਹ ਦੀ ਠਗਬੂਟੀ (ਜਿਸ ਨੂੰ) ਮਿਲ ਗਈ ਹੈ ਉਸ ਨੂੰ ਗੁਣਾਂ ਦਾ ਖ਼ਜ਼ਾਨਾ ਹਰੀ ਵਿੱਸਰ ਗਿਆ ਹੈ ।

ਮਤੁ ਜਾਣਹੁ ਜਗੁ ਜੀਵਦਾ ਦੂਜੈ ਭਾਇ ਮੁਇਆਸੁ ॥ ਜਿਨੀ ਗੁਰਮੁਖਿ ਨਾਮੁ ਨ ਚੇਤਿਓ ਸੇ ਬਹਣਿ ਨ ਮਿਲਨੀ ਪਾਸਿ ॥ {ਪੰਨਾ 643}

ਅਰਥ:- (ਉਸ) ਸੰਸਾਰ ਨੂੰ ਜੀਉਂਦਾ ਨਾ ਸਮਝੋ (ਜੋ) ਮਾਇਆ ਦੇ ਮੋਹ ਵਿਚ ਮੁਇਆ ਪਿਆ ਹੈ; ਜਿਨ੍ਹਾਂ ਨੇ ਸਤਿਗੁਰੂ ਦੇ ਸਨਮੁਖ ਹੋ ਕੇ ਨਾਮ ਨਹੀਂ ਸਿਮਰਿਆ, ਉਹਨਾਂ ਨੂੰ ਪ੍ਰਭੂ ਦੇ ਕੋਲ ਬਹਿਣਾ ਨਹੀਂ ਮਿਲਦਾ ।

ਦੁਖੁ ਲਾਗਾ ਬਹੁ ਅਤਿ ਘਣਾ ਪੁਤੁ ਕਲਤੁ ਨ ਸਾਥਿ ਕੋਈ ਜਾਸਿ ॥ ਲੋਕਾ ਵਿਚਿ ਮੁਹੁ ਕਾਲਾ ਹੋਆ ਅੰਦਰਿ ਉਭੇ ਸਾਸ ॥ ਮਨਮੁਖਾ ਨੋ ਕੋ ਨ ਵਿਸਹੀ ਚੁਕਿ ਗਇਆ ਵੇਸਾਸੁ ॥ {ਪੰਨਾ 643}

ਅਰਥ:- ਉਹ ਮਨਮੁਖ ਬਹੁਤ ਹੀ ਦੁੱਖੀ ਹੁੰਦੇ ਹਨ, (ਕਿਉਂਕਿ ਜਿਨ੍ਹਾਂ ਦੀ ਖ਼ਾਤਰ ਮਾਇਆ ਦੇ ਮੋਹ ਵਿਚ ਮੁਏ ਪਏ ਸਨ, ਉਹ) ਪੁੱਤ੍ਰ ਇਸਤ੍ਰੀ ਤਾਂ ਕੋਈ ਨਾਲ ਨਹੀਂ ਜਾਏਗਾ; ਸੰਸਾਰ ਦੇ ਲੋਕਾਂ ਵਿਚ ਭੀ ਉਹਨਾਂ ਦਾ ਮੂੰਹ ਕਾਲਾ ਹੋਇਆ (ਭਾਵ, ਸ਼ਰਮਿੰਦੇ ਹੋਏ) ਤੇ ਹਾਹੁਕੇ ਲੈਂਦੇ ਹਨ; ਮਨਮੁਖਾਂ ਦਾ ਕੋਈ ਵਿਸਾਹ ਨਹੀਂ ਕਰਦਾ, ਉਹਨਾਂ ਦਾ ਇਤਬਾਰ ਮੁੱਕ ਜਾਂਦਾ ਹੈ ।

ਨਾਨਕ ਗੁਰਮੁਖਾ ਨੋ ਸੁਖੁ ਅਗਲਾ ਜਿਨਾ ਅੰਤਰਿ ਨਾਮ ਨਿਵਾਸੁ ॥੧॥ {ਪੰਨਾ 643}

ਅਰਥ:- ਹੇ ਨਾਨਕ! ਗੁਰਮੁਖਾਂ ਨੂੰ ਬਹੁਤ ਸੁਖ ਹੁੰਦਾ ਹੈ ਕਿਉਂਕਿ ਉਹਨਾਂ ਦੇ ਹਿਰਦੇ ਵਿਚ ਨਾਮ ਦਾ ਨਿਵਾਸ ਹੁੰਦਾ ਹੈ ।੧।

ਮਃ ੩ ॥ ਸੇ ਸੈਣ ਸੇ ਸਜਣਾ ਜਿ ਗੁਰਮੁਖਿ ਮਿਲਹਿ ਸੁਭਾਇ ॥ ਸਤਿਗੁਰ ਕਾ ਭਾਣਾ ਅਨਦਿਨੁ ਕਰਹਿ ਸੇ ਸਚਿ ਰਹੇ ਸਮਾਇ ॥ {ਪੰਨਾ 643}

ਪਦਅਰਥ:- ਸੈਣ ਸਜਣ—ਭਲੇ ਮਨੁੱਖ । ਅਨਦਿਨੁ—ਹਰ ਰੋਜ਼ ।

ਅਰਥ:- ਸਤਿਗੁਰੂ ਦੇ ਸਨਮੁਖ ਹੋਏ ਜੋ ਮਨੁੱਖ (ਆਪਾ ਨਿਵਾਰ ਕੇ ਪ੍ਰਭੂ ਵਿਚ ਸੁਭਾਵਿਕ ਹੀ) ਲੀਨ ਹੋ ਜਾਂਦੇ ਹਨ ਉਹ ਭਲੇ ਲੋਕ ਹਨ ਤੇ (ਸਾਡੇ) ਸਾਥੀ ਹਨ; ਜੋ ਸਦਾ ਸਤਿਗੁਰੂ ਦਾ ਭਾਣਾ ਮੰਨਦੇ ਹਨ, ਉਹ ਸੱਚੇ ਹਰੀ ਵਿਚ ਸਮਾਏ ਰਹਿੰਦੇ ਹਨ ।

ਦੂਜੈ ਭਾਇ ਲਗੇ ਸਜਣ ਨ ਆਖੀਅਹਿ ਜਿ ਅਭਿਮਾਨੁ ਕਰਹਿ ਵੇਕਾਰ ॥ {ਪੰਨਾ 643}

ਪਦਅਰਥ:- ਵੇਕਾਰ—ਮੰਦੇ ਕੰਮ ।

ਅਰਥ:- ਉਹਨਾਂ ਨੂੰ ਸੰਤ ਜਨ ਨਹੀਂ ਆਖੀਦਾ ਜੋ ਮਾਇਆ ਦੇ ਮੋਹ ਵਿਚ ਲੱਗੇ ਹੋਏ ਅਹੰਕਾਰ ਤੇ ਵਿਕਾਰ ਕਰਦੇ ਹਨ ।

ਮਨਮੁਖ ਆਪ ਸੁਆਰਥੀ ਕਾਰਜੁ ਨ ਸਕਹਿ ਸਵਾਰਿ ॥ ਨਾਨਕ ਪੂਰਬਿ ਲਿਖਿਆ ਕਮਾਵਣਾ ਕੋਇ ਨ ਮੇਟਣਹਾਰੁ ॥੨॥ {ਪੰਨਾ 643}

ਪਦਅਰਥ:- ਸੁਆਰਥੀ—ਖ਼ੁਦ-ਗ਼ਰਜ਼ ।

ਅਰਥ:- ਮਨਮੁਖ ਆਪਣੇ ਮਤਲਬ ਦੇ ਪਿਆਰੇ (ਹੋਣ ਕਰ ਕੇ) ਕਿਸੇ ਦਾ ਕੰਮ ਨਹੀਂ ਸਵਾਰ ਸਕਦੇ; (ਪਰ) ਹੇ ਨਾਨਕ! (ਉਹਨਾਂ ਦੇ ਸਿਰ ਕੀਹ ਦੋਸ਼?) (ਪਿਛਲੇ ਕੀਤੇ ਕੰਮਾਂ ਅਨੁਸਾਰ) ਮੁੱਢ ਤੋਂ ਉੱਕਰਿਆ ਹੋਇਆ (ਸੰਸਕਾਰ-ਰੂਪ ਲੇਖ) ਕਮਾਉਣਾ ਪੈਂਦਾ ਹੈ, ਕੋਈ ਮਿਟਾਉਣ-ਜੋਗਾ ਨਹੀਂ ।੧।

ਪਉੜੀ ॥ ਤੁਧੁ ਆਪੇ ਜਗਤੁ ਉਪਾਇ ਕੈ ਆਪਿ ਖੇਲੁ ਰਚਾਇਆ ॥ ਤ੍ਰੈ ਗੁਣ ਆਪਿ ਸਿਰਜਿਆ ਮਾਇਆ ਮੋਹੁ ਵਧਾਇਆ ॥

ਅਰਥ:- ਹੇ ਹਰੀ! ਤੂੰ ਆਪ ਹੀ ਸੰਸਾਰ ਰਚ ਕੇ ਆਪ ਹੀ ਖੇਡ ਬਣਾਈ ਹੈ; ਤੂੰ ਆਪ ਹੀ (ਮਾਇਆ ਦੇ) ਤ੍ਰਿੰਨ ਗੁਣ ਬਣਾਏ ਹਨ ਤੇ ਆਪ ਹੀ ਮਾਇਆ ਦਾ ਮੋਹ (ਜਗਤ ਵਿਚ) ਵਧਾ ਦਿੱਤਾ ਹੈ ।

ਵਿਚਿ ਹਉਮੈ ਲੇਖਾ ਮੰਗੀਐ ਫਿਰਿ ਆਵੈ ਜਾਇਆ ॥ ਜਿਨਾ ਹਰਿ ਆਪਿ ਕ੍ਰਿਪਾ ਕਰੇ ਸੇ ਗੁਰਿ ਸਮਝਾਇਆ ॥ {ਪੰਨਾ 643}

ਅਰਥ:- (ਇਸ ਮੋਹ ਤੋਂ ਉਪਜੇ) ਅਹੰਕਾਰ ਵਿਚ (ਲੱਗਿਆਂ) (ਦਰਗਾਹ ਵਿਚ) ਲੇਖਾ ਮੰਗੀਦਾ ਹੈ ਤੇ ਫਿਰ ਜੰਮਣਾ ਮਰਨਾ ਪੈਂਦਾ ਹੈ; ਜਿਨ੍ਹਾਂ ਤੇ ਹਰੀ ਆਪ ਮੇਹਰ ਕਰਦਾ ਹੈ ਉਹਨਾਂ ਨੂੰ ਸਤਿਗੁਰੂ ਨੇ (ਇਹ) ਸਮਝ ਪਾ ਦਿੱਤੀ ਹੈ ।

ਬਲਿਹਾਰੀ ਗੁਰ ਆਪਣੇ ਸਦਾ ਸਦਾ ਘੁਮਾਇਆ ॥੩॥ {ਪੰਨਾ 643}

ਅਰਥ:- (ਇਸ ਕਰਕੇ) ਮੈਂ ਆਪਣੇ ਸਤਿਗੁਰੂ ਤੋਂ ਸਦਕੇ ਹਾਂ ਤੇ ਸਦਾ ਵਾਰਨੇ ਜਾਂਦਾ ਹਾਂ ।੩।

ਸਲੋਕੁ ਮਃ ੩ ॥ ਮਾਇਆ ਮਮਤਾ ਮੋਹਣੀ ਜਿਨਿ ਵਿਣੁ ਦੰਤਾ ਜਗੁ ਖਾਇਆ ॥ ਮਨਮੁਖ ਖਾਧੇ ਗੁਰਮੁਖਿ ਉਬਰੇ ਜਿਨੀ ਸਚਿ ਨਾਮਿ ਚਿਤੁ ਲਾਇਆ ॥ {ਪੰਨਾ 643}

ਪਦਅਰਥ:- ਜਿਨਿ—ਜਿਸ (ਮਾਇਆ ਦੀ ਅਪਣੱਤ) ਨੇ ।

{ਨੋਟ:- 'ਮਾਇਆ' ਤੇ 'ਮਮਤਾ' ਦੋ ਵੱਖੋ ਵੱਖ ਚੀਜ਼ਾਂ ਨਹੀਂ ਲੈਣੀਆਂ; ਲਫ਼ਜ਼ 'ਜਿਨਿ' (=ਜਿਸ ਨੇ) 'ਇਕ-ਵਚਨ' ਹੈ ।

ਅਰਥ:- ਮਾਇਆ ਦੀ ਅਪਣੱਤ (ਭਾਵ, ਇਹ ਖ਼ਿਆਲ ਕਿ ਏਹ ਸ਼ੈ ਮੇਰੀ ਹੈ, ਇਹ ਧਨ ਮੇਰਾ ਹੈ,) ਮਨ ਨੂੰ ਮੋਹਣ ਵਾਲੀ ਹੈ, ਇਸ ਨੇ ਸੰਸਾਰ ਨੂੰ ਬਿਨਾਂ ਦੰਦਾਂ ਤੋਂ ਹੀ ਖਾ ਲਿਆ ਹੈ (ਭਾਵ, ਸਮੂਲਚਾ ਹੀ ਨਿਗਲ ਲਿਆ ਹੈ), ਮਨਮੁਖ (ਇਸ 'ਮਮਤਾ' ਵਿਚ) ਗ੍ਰਸੇ ਗਏ ਹਨ, ਤੇ ਜਿਨ੍ਹਾਂ ਗੁਰਮੁਖਾਂ ਨੇ ਸੱਚੇ ਨਾਮ ਵਿਚ ਚਿੱਤ ਜੋੜਿਆ ਹੈ ਉਹ ਬਚ ਗਏ ਹਨ ।

ਬਿਨੁ ਨਾਵੈ ਜਗੁ ਕਮਲਾ ਫਿਰੈ ਗੁਰਮੁਖਿ ਨਦਰੀ ਆਇਆ ॥ ਧੰਧਾ ਕਰਤਿਆ ਨਿਹਫਲੁ ਜਨਮੁ ਗਵਾਇਆ ਸੁਖਦਾਤਾ ਮਨਿ ਨ ਵਸਾਇਆ ॥ {ਪੰਨਾ 643}

ਅਰਥ:- ਸਤਿਗੁਰੂ ਦੇ ਸਨਮੁਖ ਹੋ ਕੇ ਇਹ ਦਿੱਸ ਪੈਂਦਾ ਹੈ ਕਿ ਸੰਸਾਰ ਨਾਮ ਤੋਂ ਬਿਨਾ ਕਮਲਾ ਹੋਇਆ ਭਟਕਦਾ ਹੈ, ਮਾਇਆ ਦੇ ਕਜ਼ੀਏ ਕਰਦਿਆਂ ਮਨੁੱਖਾ ਜਨਮ ਨਿਸਫਲ ਗਵਾ ਲੈਂਦਾ ਹੈ ਤੇ ਸੁਖਦਾਤਾ ਨਾਮ ਮਨ ਵਿਚ ਨਹੀਂ ਵਸਾਉਂਦਾ ।

ਨਾਨਕ ਨਾਮੁ ਤਿਨਾ ਕਉ ਮਿਲਿਆ ਜਿਨ ਕਉ ਧੁਰਿ ਲਿਖਿ ਪਾਇਆ ॥੧॥ {ਪੰਨਾ 644}

ਅਰਥ:- (ਪਰ) ਹੇ ਨਾਨਕ! ਨਾਮ ਉਹਨਾਂ ਮਨੁੱਖਾਂ ਨੂੰ ਹੀ ਮਿਲਦਾ ਹੈ ਜਿਨ੍ਹਾਂ ਦੇ ਹਿਰਦੇ ਵਿਚ ਮੁੱਢ ਤੋਂ (ਕੀਤੇ ਕਰਮਾਂ ਦੇ ਅਨੁਸਾਰ) (ਸੰਸਕਾਰ-ਰੂਪ ਲੇਖ) ਉੱਕਰ ਕੇ ਪ੍ਰਭੂ ਨੇ ਰੱਖ ਦਿੱਤਾ ਹੈ ।੧।

ਮਃ ੩ ॥ ਘਰ ਹੀ ਮਹਿ ਅੰਮ੍ਰਿਤੁ ਭਰਪੂਰੁ ਹੈ ਮਨਮੁਖਾ ਸਾਦੁ ਨ ਪਾਇਆ ॥ ਜਿਉ ਕਸਤੂਰੀ ਮਿਰਗੁ ਨ ਜਾਣੈ ਭ੍ਰਮਦਾ ਭਰਮਿ ਭੁਲਾਇਆ ॥ ਅੰਮ੍ਰਿਤੁ ਤਜਿ ਬਿਖੁ ਸੰਗ੍ਰਹੈ ਕਰਤੈ ਆਪਿ ਖੁਆਇਆ ॥ {ਪੰਨਾ 644}

ਅਰਥ:- (ਨਾਮ-ਰੂਪ) ਅੰਮ੍ਰਿਤ (ਹਰੇਕ ਜੀਵ ਦੇ ਹਿਰਦੇ-ਰੂਪ) ਘਰ ਵਿਚ ਹੀ ਭਰਿਆ ਹੋਇਆ ਹੈ, (ਪਰ) ਮਨਮੁਖਾਂ ਨੂੰ (ਉਸ ਦਾ) ਸੁਆਦ ਨਹੀਂ ਆਉਂਦਾ । ਜਿਵੇਂ ਹਰਨ (ਆਪਣੀ ਨਾਭੀ ਵਿਚ) ਕਸਤੂਰੀ ਨਹੀਂ ਸਮਝਦਾ ਤੇ ਭਰਮ ਵਿਚ ਭੁਲਾਇਆ ਹੋਇਆ ਭਟਕਦਾ ਹੈ, ਤਿਵੇਂ ਮਨਮੁਖ ਨਾਮ-ਅੰਮ੍ਰਿਤ ਨੂੰ ਛੱਡ ਕੇ ਵਿਹੁ ਨੂੰ ਇਕੱਠਾ ਕਰਦਾ ਹੈ, (ਪਰ ਉਸ ਦੇ ਭੀ ਕੀਹ ਵੱਸ?) ਕਰਤਾਰ ਨੇ (ਉਸ ਦੇ ਪਿਛਲੇ ਕੀਤੇ ਅਨੁਸਾਰ) ਉਸ ਨੂੰ ਆਪ ਖੁੰਝਾਇਆ ਹੋਇਆ ਹੈ ।

ਗੁਰਮੁਖਿ ਵਿਰਲੇ ਸੋਝੀ ਪਈ ਤਿਨਾ ਅੰਦਰਿ ਬ੍ਰਹਮੁ ਦਿਖਾਇਆ ॥ ਤਨੁ ਮਨੁ ਸੀਤਲੁ ਹੋਇਆ ਰਸਨਾ ਹਰਿ ਸਾਦੁ ਆਇਆ ॥ {ਪੰਨਾ 644}

ਅਰਥ:- ਵਿਰਲੇ ਗੁਰਮੁਖਾਂ ਨੂੰ ਸਮਝ ਪੈਂਦੀ ਹੈ, ਉਹਨਾਂ ਨੂੰ ਹਿਰਦੇ ਵਿਚ ਹੀ (ਪਰਮਾਤਮਾ ਦਿੱਸ ਪੈਂਦਾ ਹੈ; ਉਹਨਾਂ ਦਾ ਮਨ ਤੇ ਸਰੀਰ ਠੰਢੇ-ਠਾਰ ਹੋ ਜਾਂਦੇ ਹਨ ਤੇ ਜੀਭ ਨਾਲ (ਜਪ ਕੇ) ਉਹਨਾਂ ਨੂੰ ਨਾਮ ਦਾ ਸੁਆਦ ਆ ਜਾਂਦਾ ਹੈ ।

ਸਬਦੇ ਹੀ ਨਾਉ ਊਪਜੈ ਸਬਦੇ ਮੇਲਿ ਮਿਲਾਇਆ ॥ ਬਿਨੁ ਸਬਦੈ ਸਭੁ ਜਗੁ ਬਉਰਾਨਾ ਬਿਰਥਾ ਜਨਮੁ ਗਵਾਇਆ ॥ {ਪੰਨਾ 644}

ਅਰਥ:- ਸਤਿਗੁਰੂ ਦੇ ਸ਼ਬਦ ਨਾਲ ਹੀ ਨਾਮ (ਦਾ ਅੰਗੁਰ ਹਿਰਦੇ ਵਿਚ) ਉੱਗਦਾ ਹੈ ਤੇ ਸ਼ਬਦ ਦੀ ਰਾਹੀਂ ਹੀ ਹਰੀ ਨਾਲ ਮੇਲ ਹੁੰਦਾ ਹੈ; ਸ਼ਬਦ ਤੋਂ ਬਿਨਾ ਸਾਰਾ ਸੰਸਾਰ ਪਾਗਲ ਹੋਇਆ ਪਿਆ ਹੈ ਤੇ ਮਨੁੱਖਾ ਜਨਮ ਵਿਅਰਥ ਗਵਾਉਂਦਾ ਹੈ ।

ਅੰਮ੍ਰਿਤੁ ਏਕੋ ਸਬਦੁ ਹੈ ਨਾਨਕ ਗੁਰਮੁਖਿ ਪਾਇਆ ॥੨॥ {ਪੰਨਾ 644}

ਅਰਥ:- ਹੇ ਨਾਨਕ! ਗੁਰੂ ਦਾ ਇਕ ਸ਼ਬਦ ਹੀ ਆਤਮਕ ਜੀਵਨ ਦੇਣ ਵਾਲਾ ਜਲ ਹੈ ਜੋ ਸਤਿਗੁਰੂ ਦੇ ਸਨਮੁਖ ਮਨੁੱਖ ਨੂੰ ਮਿਲਦਾ ਹੈ ।੨।

ਪਉੜੀ ॥ ਸੋ ਹਰਿ ਪੁਰਖੁ ਅਗੰਮੁ ਹੈ ਕਹੁ ਕਿਤੁ ਬਿਧਿ ਪਾਈਐ ॥ ਤਿਸੁ ਰੂਪੁ ਨ ਰੇਖ ਅਦ੍ਰਿਸਟੁ ਕਹੁ ਜਨ ਕਿਉ ਧਿਆਈਐ ॥ ਨਿਰੰਕਾਰੁ ਨਿਰੰਜਨੁ ਹਰਿ ਅਗਮੁ ਕਿਆ ਕਹਿ ਗੁਣ ਗਾਈਐ ॥ {ਪੰਨਾ 644}

ਅਰਥ:- ਹੇ ਭਾਈ! ਦੱਸ ਉਹ ਹਰੀ, ਜੋ ਅਗੰਮ ਪੁਰਖ ਹੈ, ਕਿਸ ਤਰ੍ਹਾਂ ਮਿਲ ਸਕਦਾ ਹੈ? ਉਸ ਦਾ ਕੋਈ ਰੂਪ ਨਹੀਂ, ਕੋਈ ਰੇਖ ਨਹੀਂ, ਦਿੱਸਦਾ ਭੀ ਨਹੀਂ, ਉਸ ਨੂੰ ਕਿਵੇਂ ਸਿਮਰੀਏ? ਸ਼ਕਲ ਤੋਂ ਬਿਨਾ ਹੈ, ਮਾਇਆ ਤੋਂ ਰਹਿਤ ਹੈ, ਪਹੁੰਚ ਤੋਂ ਪਰੇ ਹੈ, ਸੋ, ਕੀਹ ਆਖ ਕੇ ਉਸ ਦੀ ਸਿਫ਼ਤਿ-ਸਾਲਾਹ ਕਰੀਏ?

ਜਿਸੁ ਆਪਿ ਬੁਝਾਏ ਆਪਿ ਸੁ ਹਰਿ ਮਾਰਗਿ ਪਾਈਐ ॥ ਗੁਰਿ ਪੂਰੈ ਵੇਖਾਲਿਆ ਗੁਰ ਸੇਵਾ ਪਾਈਐ ॥੪॥ {ਪੰਨਾ 644}

ਪਦਅਰਥ:- ਮਾਰਗਿ—ਰਸਤੇ ਤੇ । ਗੁਰ ਸੇਵਾ—ਗੁਰੂ ਦੀ ਦੱਸੀ ਕਾਰ ।

ਅਰਥ:- ਜਿਸ ਮਨੁੱਖ ਨੂੰ ਆਪ ਪ੍ਰਭੂ ਸਮਝ ਦੇਂਦਾ ਹੈ ਉਹ ਪ੍ਰਭੂ ਦੇ ਰਾਹ ਤੇ ਤੁਰਦਾ ਹੈ; ਪੂਰੇ ਗੁਰੂ ਨੇ ਹੀ ਉਸ ਦਾ ਦੀਦਾਰ ਕਰਾਇਆ ਹੈ, ਗੁਰੂ ਦੀ ਦੱਸੀ ਕਾਰ ਕੀਤਿਆਂ ਹੀ ਉਹ ਮਿਲਦਾ ਹੈ ।੪।

ਸਲੋਕੁ ਮਃ ੩ ॥ ਜਿਉ ਤਨੁ ਕੋਲੂ ਪੀੜੀਐ ਰਤੁ ਨ ਭੋਰੀ ਡੇਹਿ ॥ ਜੀਉ ਵੰਞੈ ਚਉ ਖੰਨੀਐ ਸਚੇ ਸੰਦੜੈ ਨੇਹਿ ॥ ਨਾਨਕ ਮੇਲੁ ਨ ਚੁਕਈ ਰਾਤੀ ਅਤੈ ਡੇਹ ॥੧॥ {ਪੰਨਾ 644}

ਪਦਅਰਥ:- ਭੋਰੀ—ਰਤਾ ਭਰ ਭੀ । ਡੇਹਿ—ਦੇਵੇ । ਜੀਉ—ਜਿੰਦ । ਚਉਖੰਨੀਐ—ਚਾਰ ਖੰਨ । ਚਉਖੰਨੀਐ ਵੰਞੈ—ਚਾਰ ਟੋਟੇ ਹੋ ਜਾਏ । ਨੇਹਿ—ਪਿਆਰ ਦੀ ਖ਼ਾਤਰ । ਸੰਦੜੈ—ਦੇ । ਡੇਹ—ਦਿਨ । ਅਤੈ—ਅਤੇ ।

ਅਰਥ:- ਹੇ ਨਾਨਕ! ਜੇ ਮੇਰਾ ਸਰੀਰ ਰਤਾ ਭਰ ਭੀ ਲਹੂ ਨਾ ਦੇਵੇ ਭਾਵੇਂ ਤਿਲਾਂ ਵਾਂਗ ਇਹ ਕੋਹਲੂ ਵਿਚ ਪੀੜਿਆ ਜਾਏ, (ਭਾਵ, ਜੇ ਅਨੇਕਾਂ ਕਰੜੇ ਕਸ਼ਟ ਆਉਣ ਤੇ ਭੀ ਮੇਰੇ ਅੰਦਰ ਸਰੀਰ ਦੇ ਬਚੇ ਰਹਿਣ ਦੀ ਲਾਲਸਾ ਰਤਾ ਭੀ ਨਾ ਹੋਵੇ) ਜੇ ਮੇਰੀ ਜਿੰਦ ਸੱਚੇ ਪ੍ਰਭੂ ਦੇ ਪਿਆਰ ਤੋਂ ਵਾਰਨੇ ਸਦਕੇ ਪਈ ਹੋਵੇ, ਤਾਂ ਹੀ ਪ੍ਰਭੂ ਨਾਲ ਮਿਲਾਪ ਨਾ ਦਿਨੇ ਨਾ ਰਾਤ (ਕਦੇ ਭੀ) ਨਹੀਂ ਟੁੱਟਦਾ ।੧।

ਮਃ ੩ ॥ ਸਜਣੁ ਮੈਡਾ ਰੰਗੁਲਾ ਰੰਗੁ ਲਾਏ ਮਨੁ ਲੇਇ ॥ ਜਿਉ ਮਾਜੀਠੈ ਕਪੜੇ ਰੰਗੇ ਭੀ ਪਾਹੇਹਿ ॥ ਨਾਨਕ ਰੰਗੁ ਨ ਉਤਰੈ ਬਿਆ ਨ ਲਗੈ ਕੇਹ ॥੨॥ {ਪੰਨਾ 644}

ਅਰਥ:- ਮੇਰਾ ਸੱਜਣ ਰੰਗੀਲਾ ਹੈ, ਮਨ ਲੈ ਕੇ (ਪ੍ਰੇਮ ਦਾ) ਰੰਗ ਲਾ ਦੇਂਦਾ ਹੈ । ਜਿਵੇਂ ਕੱਪੜੇ ਭੀ ਪਾਹ ਦੇ ਕੇ ਮਜੀਠ ਵਿਚ ਰੰਗੇ ਜਾਂਦੇ ਹਨ (ਤਿਵੇਂ ਆਪਾ ਦੇ ਕੇ ਹੀ ਪ੍ਰੇਮ-ਰੰਗ ਮਿਲਦਾ ਹੈ); ਹੇ ਨਾਨਕ! (ਇਸ ਤਰ੍ਹਾਂ ਦਾ) ਰੰਗ ਫੇਰ ਨਹੀਂ ਲਹਿੰਦਾ ਅਤੇ ਨਾ ਹੀ ਕੋਈ ਹੋਰ ਚੜ੍ਹ ਸਕਦਾ ਹੈ (ਭਾਵ, ਕੋਈ ਹੋਰ ਚੀਜ਼ ਪਿਆਰੀ ਨਹੀਂ ਲੱਗ ਸਕਦੀ) ।੨।

ਪਉੜੀ ॥ ਹਰਿ ਆਪਿ ਵਰਤੈ ਆਪਿ ਹਰਿ ਆਪਿ ਬੁਲਾਇਦਾ ॥ ਹਰਿ ਆਪੇ ਸ੍ਰਿਸਟਿ ਸਵਾਰਿ ਸਿਰਿ ਧੰਧੈ ਲਾਇਦਾ ॥ {ਪੰਨਾ 644}

ਪਦਅਰਥ:- ਵਰਤੈ—ਮੌਜੂਦ ਹੈ । ਸਿਰਿ—ਸਿਰਿ, ਹਰੇਕ ਸਿਰ ਉਤੇ, ਹਰੇਕ ਜੀਵ ਨੂੰ ।

ਅਰਥ:- ਹਰੀ ਆਪ ਹੀ ਸਭ ਵਿਚ ਵਿਆਪ ਰਿਹਾ ਹੈ ਅਤੇ ਆਪ ਹੀ ਸਭ ਨੂੰ ਬੁਲਾਉਂਦਾ ਹੈ (ਭਾਵ, ਆਪ ਹੀ ਹਰੇਕ ਵਿਚ ਬੋਲਦਾ ਹੈ); ਸੰਸਾਰ ਨੂੰ ਆਪ ਹੀ ਰਚ ਕੇ ਹਰੇਕ ਜੀਵ ਨੂੰ ਮਾਇਆ ਦੇ ਕਜ਼ੀਏ ਵਿਚ ਲਾ ਦੇਂਦਾ ਹੈ ।

ਇਕਨਾ ਭਗਤੀ ਲਾਇ ਇਕਿ ਆਪਿ ਖੁਆਇਦਾ ॥ ਇਕਨਾ ਮਾਰਗਿ ਪਾਇ ਇਕਿ ਉਝੜਿ ਪਾਇਦਾ ॥ {ਪੰਨਾ 644}

ਅਰਥ:– ਇਕਨਾਂ ਨੂੰ ਆਪਣੀ ਭਗਤੀ ਵਿਚ ਲਾਉਂਦਾ ਹੈ ਤੇ ਕਈ ਜੀਵਾਂ ਨੂੰ ਆਪ ਹੀ ਭੁਲਾਉਂਦਾ ਹੈ; ਇਕਨਾਂ ਨੂੰ ਸਿੱਧੇ ਰਾਹ ਤੇ ਤੋਰਦਾ ਹੈ ਤੇ ਇਕਨਾਂ ਨੂੰ ਕੁਰਾਹੇ ਪਾ ਦੇਂਦਾ ਹੈ ।

ਜਨੁ ਨਾਨਕੁ ਨਾਮੁ ਧਿਆਏ ਗੁਰਮੁਖਿ ਗੁਣ ਗਾਇਦਾ ॥੫॥ {ਪੰਨਾ 644}

ਅਰਥ:– ਦਾਸ ਨਾਨਕ ਭੀ (ਉਸ ਦੀ ਭਗਤੀ ਦੀ ਖ਼ਾਤਰ) ਨਾਮ ਸਿਮਰਦਾ ਹੈ ਤੇ ਸਤਿਗੁਰੂ ਦੇ ਸਨਮੁਖ ਹੋ ਕੇ (ਉਸ ਦੀ) ਸਿਫ਼ਤਿ–ਸਾਲਾਹ ਕਰਦਾ ਹੈ ।੫।

ਸਲੋਕੁ ਮਃ ੩ ॥ ਸਤਿਗੁਰ ਕੀ ਸੇਵਾ ਸਫਲੁ ਹੈ ਜੇ ਕੋ ਕਰੇ ਚਿਤੁ ਲਾਇ ॥ ਮਨਿ ਚਿੰਦਿਆ ਫਲੁ ਪਾਵਣਾ ਹਉਮੈ ਵਿਚਹੁ ਜਾਇ ॥ ਬੰਧਨ ਤੋੜੈ ਮੁਕਤਿ ਹੋਇ ਸਚੇ ਰਹੈ ਸਮਾਇ ॥ {ਪੰਨਾ 644}

ਅਰਥ:– ਜੇ ਕੋਈ ਮਨੁੱਖ ਚਿੱਤ ਲਗਾ ਕੇ ਸੇਵਾ ਕਰੇ, ਤਾਂ ਸਤਿਗੁਰੂ ਦੀ (ਦੱਸੀ) ਸੇਵਾ ਜ਼ਰੂਰ ਫਲ ਲਾਂਦੀ ਹੈ; ਮਨ–ਇੱਛਿਆ ਫਲ ਮਿਲਦਾ ਹੈ, ਅਹੰਕਾਰ ਮਨ ਵਿਚੋਂ ਦੂਰ ਹੁੰਦਾ ਹੈ; (ਗੁਰੂ ਦੀ ਦੱਸੀ ਕਾਰ ਮਾਇਆ ਦੇ) ਬੰਧਨਾਂ ਨੂੰ ਤੋੜਦੀ ਹੈ (ਬੰਧਨਾਂ ਤੋਂ) ਖ਼ਲਾਸੀ ਹੋ ਜਾਂਦੀ ਹੈ ਤੇ ਸੱਚੇ ਹਰੀ ਵਿਚ ਮਨੁੱਖ ਸਮਾਇਆ ਰਹਿੰਦਾ ਹੈ ।

ਇਸੁ ਜਗ ਮਹਿ ਨਾਮੁ ਅਲਭੁ ਹੈ ਗੁਰਮੁਖਿ ਵਸੈ ਮਨਿ ਆਇ ॥ ਨਾਨਕ ਜੋ ਗੁਰੁ ਸੇਵਹਿ ਆਪਣਾ ਹਉ ਤਿਨ ਬਲਿਹਾਰੈ ਜਾਉ ॥੧॥ {ਪੰਨਾ 644}

ਅਰਥ:– ਇਸ ਸੰਸਾਰ ਵਿਚ ਹਰੀ ਦਾ ਨਾਮ ਦੁਰਲੱਭ ਹੈ, ਸਤਿਗੁਰੂ ਦੇ ਸਨਮੁਖ ਮਨੁੱਖ ਦੇ ਮਨ ਵਿਚ ਆ ਕੇ ਵੱਸਦਾ ਹੈ; ਹੇ ਨਾਨਕ! (ਆਖ—) ਮੈਂ ਸਦਕੇ ਹਾਂ ਉਹਨਾਂ ਤੋਂ ਜੋ ਆਪਣੇ ਸਤਿਗੁਰੂ ਦੀ ਦੱਸੀ ਕਾਰ ਕਰਦੇ ਹਨ ।੧।

ਮਃ ੩ ॥ ਮਨਮੁਖ ਮੰਨੁ ਅਜਿਤੁ ਹੈ ਦੂਜੈ ਲਗੈ ਜਾਇ ॥ ਤਿਸ ਨੋ ਸੁਖੁ ਸੁਪਨੈ ਨਹੀ ਦੁਖੇ ਦੁਖਿ ਵਿਹਾਇ ॥ {ਪੰਨਾ 644}

ਅਰਥ:– ਮਨਮੁਖ ਦਾ ਮਨ ਉਸ ਦੇ ਕਾਬੂ ਤੋਂ ਬਾਹਰ ਹੈ, ਕਿਉਂਕਿ ਉਹ ਮਾਇਆ ਵਿਚ ਜਾ ਕੇ ਲੱਗਾ ਹੋਇਆ ਹੈ; (ਸਿੱਟਾ ਇਹ ਕਿ) ਉਸ ਨੂੰ ਸੁਪਨੇ ਵਿਚ ਭੀ ਸੁਖ ਨਹੀਂ ਮਿਲਦਾ, (ਉਸ ਦੀ ਉਮਰ) ਸਦਾ ਦੁੱਖ ਵਿਚ ਹੀ ਗੁਜ਼ਰਦੀ ਹੈ ।

ਘਰਿ ਘਰਿ ਪੜਿ ਪੜਿ ਪੰਡਿਤ ਥਕੇ ਸਿਧ ਸਮਾਧਿ ਲਗਾਇ ॥ ਇਹੁ ਮਨੁ ਵਸਿ ਨ ਆਵਈ ਥਕੇ ਕਰਮ ਕਮਾਇ ॥ {ਪੰਨਾ 644}

ਪਦਅਰਥ:– ਘਰਿ ਘਰਿ—ਘਰ ਘਰ ਵਿਚ । ਘਰਿ ਘਰਿ ਪੰਡਿਤ—ਘਰ ਘਰ ਵਿਚ ਪੰਡਿਤ, (ਭਾਵ), ਅਨੇਕਾਂ ਪੰਡਿਤ ।

ਅਰਥ:– ਅਨੇਕਾਂ ਪੰਡਿਤ ਲੋਕ ਪੜ੍ਹ ਪੜ੍ਹ ਕੇ ਤੇ ਸਿੱਧ ਸਮਾਧੀਆਂ ਲਾ ਲਾ ਕੇ ਥੱਕ ਗਏ ਹਨ, ਕਈ ਕਰਮ ਕਰ ਕੇ ਥੱਕ ਗਏ ਹਨ; (ਪੜ੍ਹਨ ਨਾਲ ਤੇ ਸਮਾਧੀਆਂ ਨਾਲ) ਇਹ ਮਨ ਕਾਬੂ ਨਹੀਂ ਆਉਂਦਾ ।

ਭੇਖਧਾਰੀ ਭੇਖ ਕਰਿ ਥਕੇ ਅਠਿਸਠਿ ਤੀਰਥ ਨਾਇ ॥ ਮਨ ਕੀ ਸਾਰ ਨ ਜਾਣਨੀ ਹਉਮੈ ਭਰਮਿ ਭੁਲਾਇ ॥ {ਪੰਨਾ 644}

ਅਰਥ:- ਭੇਖ ਕਰਨ ਵਾਲੇ ਮਨੁੱਖ (ਭਾਵ, ਸਾਧੂ ਲੋਕ) ਕਈ ਭੇਖ ਕਰ ਕੇ ਤੇ ਅਠਾਹਠ ਤੀਰਥਾਂ ਤੇ ਨ੍ਹਾ ਕੇ ਥੱਕ ਗਏ ਹਨ; ਹਉਮੈ ਤੇ ਭਰਮ ਵਿਚ ਭੁੱਲੇ ਹੋਇਆਂ ਨੂੰ ਮਨ ਦੀ ਸਾਰ ਨਹੀਂ ਆਈ ।

ਗੁਰ ਪਰਸਾਦੀ ਭਉ ਪਇਆ ਵਡਭਾਗਿ ਵਸਿਆ ਮਨਿ ਆਇ ॥ ਭੈ ਪਇਐ ਮਨੁ ਵਸਿ ਹੋਆ ਹਉਮੈ ਸਬਦਿ ਜਲਾਇ ॥ {ਪੰਨਾ 645}

ਅਰਥ:- ਵੱਡੇ ਭਾਗ ਨਾਲ ਸਤਿਗੁਰੂ ਦੀ ਕਿਰਪਾ ਰਾਹੀਂ ਭਉ ਉਪਜਦਾ ਹੈ ਤੇ ਮਨ ਵਿਚ ਆ ਕੇ ਵੱਸਦਾ ਹੈ; (ਹਰੀ ਦਾ) ਭਉ ਉਪਜਿਆਂ ਹੀ, ਤੇ ਹਉਮੈ ਸਤਿਗੁਰੂ ਦੇ ਸ਼ਬਦ ਨਾਲ ਸਾੜ ਕੇ ਹੀ ਮਨ ਵੱਸ ਵਿਚ ਆਉਂਦਾ ਹੈ ।

ਸਚਿ ਰਤੇ ਸੇ ਨਿਰਮਲੇ ਜੋਤੀ ਜੋਤਿ ਮਿਲਾਇ ॥ ਸਤਿਗੁਰਿ ਮਿਲਿਐ ਨਾਉ ਪਾਇਆ ਨਾਨਕ ਸੁਖਿ ਸਮਾਇ ॥੨॥ {ਪੰਨਾ 645}

ਅਰਥ:- ਜੋ ਮਨੁੱਖ ਜੋਤੀ-ਪ੍ਰਭੂ ਵਿਚ ਆਪਣੀ ਬ੍ਰਿਤੀ ਮਿਲਾ ਕੇ ਸੱਚੇ ਵਿਚ ਰੰਗੇ ਗਏ ਹਨ, ਉਹ ਨਿਰਮਲ ਹੋ ਗਏ ਹਨ; (ਪਰ) ਹੇ ਨਾਨਕ! ਸਤਿਗੁਰੂ ਦੇ ਮਿਲਿਆਂ ਹੀ ਨਾਮ ਮਿਲਦਾ ਹੈ ਤੇ ਸੁਖ ਵਿਚ ਸਮਾਈ ਹੁੰਦੀ ਹੈ ।੨।

ਪਉੜੀ ॥ ਏਹ ਭੂਪਤਿ ਰਾਣੇ ਰੰਗ ਦਿਨ ਚਾਰਿ ਸੁਹਾਵਣਾ ॥ ਏਹੁ ਮਾਇਆ ਰੰਗੁ ਕਸੁੰਭ ਖਿਨ ਮਹਿ ਲਹਿ ਜਾਵਣਾ ॥ ਚਲਦਿਆ ਨਾਲਿ ਨ ਚਲੈ ਸਿਰਿ ਪਾਪ ਲੈ ਜਾਵਣਾ ॥ {ਪੰਨਾ 645}

ਪਦਅਰਥ:- ਭੂਪਤਿ—ਰਾਜਾ । ਸਿਰਿ—ਸਿਰ ਤੇ ।

ਅਰਥ:- ਰਾਜਿਆਂ ਤੇ ਰਾਣਿਆਂ ਦੇ ਇਹ ਰੰਗ ਚਾਰ ਦਿਨਾਂ (ਭਾਵ, ਥੋੜੇ ਚਿਰ) ਲਈ ਸੋਭਨੀਕ ਹੁੰਦੇ ਹਨ; ਮਾਇਆ ਦਾ ਇਹ ਰੰਗ ਕਸੁੰਭੇ ਦਾ ਰੰਗ ਹੈ (ਭਾਵ, ਕਸੁੰਭੇ ਵਾਂਗ ਛਿਨ-ਭੰਗੁਰ ਹੈ), ਛਿਨ ਮਾਤ੍ਰ ਵਿਚ ਲਹਿ ਜਾਏਗਾ, (ਸੰਸਾਰ ਤੋਂ) ਤੁਰਨ ਵੇਲੇ ਮਾਇਆ ਨਾਲ ਨਹੀਂ ਜਾਂਦੀ, (ਪਰ ਇਸ ਦੇ ਕਾਰਨ ਕੀਤੇ) ਪਾਪ ਆਪਣੇ ਸਿਰ ਤੇ ਲੈ ਜਾਈਦੇ ਹਨ ।

ਜਾਂ ਪਕੜਿ ਚਲਾਇਆ ਕਾਲਿ ਤਾਂ ਖਰਾ ਡਰਾਵਣਾ ॥ ਓਹ ਵੇਲਾ ਹਥਿ ਨ ਆਵੈ ਫਿਰਿ ਪਛੁਤਾਵਣਾ ॥੬॥ {ਪੰਨਾ 645}

ਅਰਥ:- ਜਦੋਂ ਜਮ-ਕਾਲ ਨੇ ਫੜ ਕੇ ਅੱਗੇ ਲਾ ਲਿਆ, ਤਾਂ (ਜੀਵ) ਡਾਢਾ ਭੈ-ਭੀਤ ਹੁੰਦਾ ਹੈ; (ਮਨੁੱਖ-ਜਨਮ ਵਾਲਾ) ਉਹ ਸਮਾ ਫੇਰ ਮਿਲਦਾ ਨਹੀਂ, ਇਸ ਵਾਸਤੇ ਪਛੁਤਾਉਂਦਾ ਹੈ ।੬।

ਸਲੋਕੁ ਮਃ ੩ ॥ ਸਤਿਗੁਰ ਤੇ ਜੋ ਮੁਹ ਫਿਰੇ ਸੇ ਬਧੇ ਦੁਖ ਸਹਾਹਿ ॥ ਫਿਰਿ ਫਿਰਿ ਮਿਲਣੁ ਨ ਪਾਇਨੀ ਜੰਮਹਿ ਤੈ ਮਰਿ ਜਾਹਿ ॥ ਸਹਸਾ ਰੋਗੁ ਨ ਛੋਡਈ ਦੁਖ ਹੀ ਮਹਿ ਦੁਖ ਪਾਹਿ ॥ ਨਾਨਕ ਨਦਰੀ ਬਖਸਿ ਲੇਹਿ ਸਬਦੇ ਮੇਲਿ ਮਿਲਾਹਿ ॥੧॥ {ਪੰਨਾ 645}

ਪਦਅਰਥ:- ਮੁਹ ਫਿਰੇ—{ਮੁਹਫਿਰਾ—ਉਹ ਮਨੁੱਖ ਜਿਸ ਨੇ ਮੂੰਹ ਮੋੜਿਆ ਹੋਇਆ ਹੋਵੇ} ਮਨਮੁਖ ।

ਅਰਥ:- ਜੋ ਮਨੁੱਖ ਸਤਿਗੁਰੂ ਵਲੋਂ ਮਨਮੁਖ ਹਨ, ਉਹ (ਅੰਤ ਨੂੰ) ਬੱਧੇ ਦੁਖ ਸਹਿੰਦੇ ਹਨ, ਪ੍ਰਭੂ ਨੂੰ ਮਿਲ ਨਹੀਂ ਸਕਦੇ, ਮੁੜ ਮੁੜ ਜੰਮਦੇ ਤੇ ਮਰਦੇ ਹਨ; ਉਹਨਾਂ ਨੂੰ ਚਿੰਤਾ ਦਾ ਰੋਗ ਕਦੇ ਨਹੀਂ ਛੱਡਦਾ, ਸਦਾ ਦੁਖੀ ਹੀ ਰਹਿੰਦੇ ਹਨ । ਹੇ ਨਾਨਕ! ਕ੍ਰਿਪਾ-ਦ੍ਰਿਸ਼ਟੀ ਵਾਲਾ ਪ੍ਰਭੂ ਜੇ ਉਹਨਾਂ ਨੂੰ ਬਖ਼ਸ਼ ਲਏ ਤਾਂ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਉਸ ਵਿਚ ਮਿਲ ਜਾਂਦੇ ਹਨ ।੧।

ਮਃ ੩ ॥ ਜੋ ਸਤਿਗੁਰ ਤੇ ਮੁਹ ਫਿਰੇ ਤਿਨਾ ਠਉਰ ਨ ਠਾਉ ॥ ਜਿਉ ਛੁਟੜਿ ਘਰਿ ਘਰਿ ਫਿਰੈ ਦੁਹਚਾਰਣਿ ਬਦਨਾਉ ॥ ਨਾਨਕ ਗੁਰਮੁਖਿ ਬਖਸੀਅਹਿ ਸੇ ਸਤਿਗੁਰ ਮੇਲਿ ਮਿਲਾਉ ॥੨॥ {ਪੰਨਾ 645}

ਪਦਅਰਥ:- ਬਖਸੀਅਹਿ—ਬਖ਼ਸ਼ੇ ਜਾਂਦੇ ਹਨ ।

ਅਰਥ:- ਜੋ ਮਨੁੱਖ ਸਤਿਗੁਰੂ ਤੋਂ ਮਨਮੁਖ ਹਨ ਉਹਨਾਂ ਦਾ ਨਾਹ ਥਾਂ ਨਾਹ ਥਿੱਤਾ; ਉਹ ਵਿਭ-ਚਾਰਨ ਛੁੱਟੜ ਇਸਤ੍ਰੀ ਵਾਂਗ ਹਨ, ਜੋ ਘਰ ਘਰ ਵਿਚ ਬਦਨਾਮ ਹੁੰਦੀ ਫਿਰਦੀ ਹੈ । ਹੇ ਨਾਨਕ! ਜੋ ਗੁਰੂ ਦੇ ਸਨਮੁਖ ਹੋ ਕੇ ਬਖ਼ਸ਼ੇ ਜਾਂਦੇ ਹਨ, ਉਹ ਸਤਿਗੁਰੂ ਦੀ ਸੰਗਤਿ ਵਿਚ ਮਿਲ ਜਾਂਦੇ ਹਨ ।੨।

ਪਉੜੀ ॥ ਜੋ ਸੇਵਹਿ ਸਤਿ ਮੁਰਾਰਿ ਸੇ ਭਵਜਲ ਤਰਿ ਗਇਆ ॥ ਜੋ ਬੋਲਹਿ ਹਰਿ ਹਰਿ ਨਾਉ ਤਿਨ ਜਮੁ ਛਡਿ ਗਇਆ ॥ ਸੇ ਦਰਗਹ ਪੈਧੇ ਜਾਹਿ ਜਿਨਾ ਹਰਿ ਜਪਿ ਲਇਆ ॥ ਹਰਿ ਸੇਵਹਿ ਸੇਈ ਪੁਰਖ ਜਿਨਾ ਹਰਿ ਤੁਧੁ ਮਇਆ ॥ ਗੁਣ ਗਾਵਾ ਪਿਆਰੇ ਨਿਤ ਗੁਰਮੁਖਿ ਭ੍ਰਮ ਭਉ ਗਇਆ ॥੭॥ {ਪੰਨਾ 645}

ਅਰਥ:- ਜੋ ਮਨੁੱਖ ਸੱਚੇ ਹਰੀ ਨੂੰ ਸੇਂਵਦੇ ਹਨ, ਉਹ ਸੰਸਾਰ-ਸਮੁੰਦਰ ਨੂੰ ਤਰ ਜਾਂਦੇ ਹਨ, ਜੋ ਮਨੁੱਖ ਹਰੀ ਦਾ ਨਾਮ ਸਿਮਰਦੇ ਹਨ, ਉਹਨਾਂ ਨੂੰ ਜਮ ਛੱਡ ਜਾਂਦਾ ਹੈ; ਜਿਨ੍ਹਾਂ ਨੇ ਹਰੀ ਦਾ ਨਾਮ ਜਪਿਆ ਹੈ, ਉਹ ਦਰਗਾਹ ਵਿਚ ਸਨਮਾਨੇ ਜਾਂਦੇ ਹਨ; (ਪਰ) ਹੇ ਹਰੀ! ਜਿਨ੍ਹਾਂ ਉਤੇ ਤੇਰੀ ਮੇਹਰ ਹੁੰਦੀ ਹੈ, ਉਹੀ ਮਨੁੱਖ ਤੇਰੀ ਭਗਤੀ ਕਰਦੇ ਹਨ । ਸਤਿਗੁਰੂ ਦੇ ਸਨਮੁਖ ਹੋ ਕੇ ਭਰਮ ਤੇ ਡਰ ਦੂਰ ਹੋ ਜਾਂਦੇ ਹਨ, (ਮੇਹਰ ਕਰ) ਹੇ ਪਿਆਰੇ! ਮੈਂ ਭੀ ਤੇਰੇ ਸਦਾ ਗੁਣ ਗਾਵਾਂ ।੭।

ਸਲੋਕੁ ਮਃ ੩ ॥ ਥਾਲੈ ਵਿਚਿ ਤੈ ਵਸਤੂ ਪਈਓ ਹਰਿ ਭੋਜਨੁ ਅੰਮ੍ਰਿਤੁ ਸਾਰੁ ॥ ਜਿਤੁ ਖਾਧੈ ਮਨੁ ਤ੍ਰਿਪਤੀਐ ਪਾਈਐ ਮੋਖ ਦੁਆਰੁ ॥ {ਪੰਨਾ 645}

ਅਰਥ:- ਜਿਸ ਹਿਰਦੈ-ਰੂਪ ਥਾਲ ਵਿਚ (ਸਤ, ਸੰਤੋਖ ਤੇ ਵੀਚਾਰ) ਤਿੰਨ ਚੀਜ਼ਾਂ ਆ ਪਈਆਂ ਹਨ, ਉਸ ਹਿਰਦੇ-ਥਾਲ ਵਿਚ ਸ੍ਰੇਸ਼ਟ ਅੰਮ੍ਰਿਤ ਭੋਜਨ ਹਰੀ ਦਾ ਨਾਮ (ਪਰੋਸਿਆ ਜਾਂਦਾ) ਹੈ, ਜਿਸ ਦੇ ਖਾਧਿਆਂ ਮਨ ਰੱਜ ਜਾਂਦਾ ਹੈ ਤੇ ਵਿਕਾਰਾਂ ਤੋਂ ਖ਼ਲਾਸੀ ਦਾ ਦਰ ਪ੍ਰਾਪਤ ਹੁੰਦਾ ਹੈ ।

ਇਹੁ ਭੋਜਨੁ ਅਲਭੁ ਹੈ ਸੰਤਹੁ ਲਭੈ ਗੁਰ ਵੀਚਾਰਿ ॥ {ਪੰਨਾ 645}

ਅਰਥ:- ਹੇ ਸੰਤ ਜਨੋਂ! ਇਹ ਭੋਜਨ ਦੁਰਲੱਭ ਹੈ, ਸਤਿਗੁਰੂ ਦੀ (ਦੱਸੀ ਹੋਈ) ਵੀਚਾਰ ਦੀ ਰਾਹੀਂ ਲੱਭਦਾ ਹੈ ।

ਏਹ ਮੁਦਾਵਣੀ ਕਿਉ ਵਿਚਹੁ ਕਢੀਐ ਸਦਾ ਰਖੀਐ ਉਰਿ ਧਾਰਿ ॥ ਏਹ ਮੁਦਾਵਣੀ ਸਤਿਗੁਰੂ ਪਾਈ ਗੁਰਸਿਖਾ ਲਧੀ ਭਾਲਿ ॥ {ਪੰਨਾ 645}

ਪਦਅਰਥ:- ਮੁਦਾਵਣੀ—ਆਤਮਕ ਪ੍ਰਸੰਨਤਾ ਦੇਣ ਵਾਲੀ ਵਸਤੂ (ਨਾਮ) ।

ਅਰਥ:- ਆਤਮਕ ਆਨੰਦ ਦੇਣ ਵਾਲੀ ਇਸ (ਸਿਫ਼ਤਿ-ਸਾਲਾਹ ਦੀ ਆਤਮਕ ਖ਼ੁਰਾਕ ਦੀ ਦੱਸ) ਗੁਰੂ ਨੇ ਪਾਈ ਹੈ, ਗੁਰ-ਸਿੱਖਾਂ ਨੇ ਖੋਜ ਕੇ ਲੱਭ ਲਈ ਹੈ । ਇਸ ਨੂੰ ਸਦਾ ਆਪਣੇ ਹਿਰਦੇ ਵਿਚ ਸਾਂਭ ਰੱਖਣਾ ਚਾਹੀਦਾ ਹੈ; ਇਹ ਭੁਲਾਣੀ ਨਹੀਂ ਚਾਹੀਦੀ ।

ਨਾਨਕ ਜਿਸੁ ਬੁਝਾਏ ਸੁ ਬੁਝਸੀ ਹਰਿ ਪਾਇਆ ਗੁਰਮੁਖਿ ਘਾਲਿ ॥੧॥ {ਪੰਨਾ 645}

ਅਰਥ:- ਹੇ ਨਾਨਕ! ਜਿਸ ਮਨੁੱਖ ਨੂੰ (ਇਸ ਦੀ) ਸਮਝ ਦੇਂਦਾ ਹੈ ਉਹ ਸਮਝਦਾ ਹੈ, ਅਤੇ ਉਹ ਸਤਿਗੁਰੂ ਦੇ ਸਨਮੁਖ ਹੋ ਕੇ ਘਾਲਣਾ ਘਾਲ ਕੇ ਹਰੀ ਨੂੰ ਮਿਲਦਾ ਹੈ ।੧।

ਨੋਟ:- ਇਸ ਸਲੋਕ ਦੀ ਵਿਆਖਿਆ ਗੁਰੂ ਅਰਜਨ ਸਾਹਿਬ ਨੇ ਮੁਦਾਵਣੀ ਮ: ੫ ਵਿਚ ਕੀਤੀ ਹੈ ।

ਮਃ ੩ ॥ ਜੋ ਧੁਰਿ ਮੇਲੇ ਸੇ ਮਿਲਿ ਰਹੇ ਸਤਿਗੁਰ ਸਿਉ ਚਿਤੁ ਲਾਇ ॥ ਆਪਿ ਵਿਛੋੜੇਨੁ ਸੇ ਵਿਛੁੜੇ ਦੂਜੈ ਭਾਇ ਖੁਆਇ ॥ ਨਾਨਕ ਵਿਣੁ ਕਰਮਾ ਕਿਆ ਪਾਈਐ ਪੂਰਬਿ ਲਿਖਿਆ ਕਮਾਇ ॥੨॥ {ਪੰਨਾ 645}

ਪਦਅਰਥ:- ਵਿਛੋੜੇਨੁ—ਵਿਛੋੜੇ ਉਸ (ਹਰੀ) ਨੇ ।

ਅਰਥ:- ਹਰੀ ਨੇ ਜੋ ਧੁਰ ਤੋਂ ਮਿਲਾਏ ਹਨ, ਉਹ ਮਨੁੱਖ ਸਤਿਗੁਰੂ ਨਾਲ ਚਿੱਤ ਜੋੜ ਕੇ (ਹਰੀ ਵਿਚ) ਲੀਨ ਹੋਏ ਹਨ; (ਪਰ) ਜੋ ਉਸ ਹਰੀ ਨੇ ਆਪ ਵਿਛੋੜੇ ਹਨ, ਉਹ ਮਾਇਆ ਦੇ ਮੋਹ ਵਿਚ (ਫਸ ਕੇ) ਖੁੰਝੇ ਹੋਏ ਹਰੀ ਤੋਂ ਵਿੱਛੁੜੇ ਹੋਏ ਹਨ । ਹੇ ਨਾਨਕ! ਕੀਤੀ ਹੋਈ ਕਮਾਈ ਤੋਂ ਬਿਨਾ ਕੁਝ ਨਹੀਂ ਮਿਲਦਾ, ਮੁੱਢ ਤੋਂ (ਕੀਤੇ ਕੰਮਾਂ ਦੇ ਅਨੁਸਾਰ) ਉੱਕਰੇ ਹੋਏ (ਸੰਸਕਾਰ-ਰੂਪ ਲੇਖ ਦੀ ਕਮਾਈ) ਕਮਾਉਣੀ ਪੈਂਦੀ ਹੈ ।੨।

ਪਉੜੀ ॥ ਬਹਿ ਸਖੀਆ ਜਸੁ ਗਾਵਹਿ ਗਾਵਣਹਾਰੀਆ ॥ ਹਰਿ ਨਾਮੁ ਸਲਾਹਿਹੁ ਨਿਤ ਹਰਿ ਕਉ ਬਲਿਹਾਰੀਆ ॥ ਜਿਨੀ ਸੁਣਿ ਮੰਨਿਆ ਹਰਿ ਨਾਉ ਤਿਨਾ ਹਉ ਵਾਰੀਆ ॥ ਗੁਰਮੁਖੀਆ ਹਰਿ ਮੇਲੁ ਮਿਲਾਵਣਹਾਰੀਆ ॥ ਹਉ ਬਲਿ ਜਾਵਾ ਦਿਨੁ ਰਾਤਿ ਗੁਰ ਦੇਖਣਹਾਰੀਆ ॥੮॥ {ਪੰਨਾ 645}

ਅਰਥ:- ਹਰੀ ਦੀ ਸਿਫ਼ਤਿ-ਸਾਲਾਹ ਕਰਨ ਵਾਲੀਆਂ (ਸੰਤ ਜਨ-ਰੂਪ) ਸਹੇਲੀਆਂ ਇਕੱਠੀਆਂ ਬਹਿ ਕੇ ਆਪ ਹਰੀ ਦਾ ਜਸ ਗਾਉਂਦੀਆਂ ਹਨ, ਹਰੀ ਤੋਂ ਸਦਕੇ ਜਾਂਦੀਆਂ ਹਨ (ਹੋਰਨਾਂ ਨੂੰ ਸਿੱਖਿਆ ਦੇਂਦੀਆਂ ਹਨ ਕਿ) "ਸਦਾ ਹਰੀ ਦੇ ਨਾਮ ਦੀ ਵਡਿਆਈ ਕਰੋ" । ਮੈਂ ਸਦਕੇ ਹਾਂ ਜਿਨ੍ਹਾਂ ਨੇ ਸੁਣ ਕੇ ਹਰੀ ਦਾ ਨਾਮ ਮੰਨਿਆ ਹੈ, ਉਹਨਾਂ ਹਰੀ ਨੂੰ ਮਿਲਾਉਣ ਵਾਲੀਆਂ ਗੁਰਮੁਖ ਸਹੇਲੀਆਂ ਤੋਂ ਮੈਂ ਸਦਕੇ ਹਾਂ; ਸਤਿਗੁਰੂ ਦੇ ਦਰਸ਼ਨ ਕਰਨ ਵਾਲੀਆਂ ਤੋਂ ਮੈਂ ਦਿਨ ਰਾਤ ਬਲਿਹਾਰ ਹਾਂ ।੮।

ਸਲੋਕੁ ਮਃ ੩ ॥ ਵਿਣੁ ਨਾਵੈ ਸਭਿ ਭਰਮਦੇ ਨਿਤ ਜਗਿ ਤੋਟਾ ਸੈਸਾਰਿ ॥ ਮਨਮੁਖਿ ਕਰਮ ਕਮਾਵਣੇ ਹਉਮੈ ਅੰਧੁ ਗੁਬਾਰੁ ॥ ਗੁਰਮੁਖਿ ਅੰਮ੍ਰਿਤੁ ਪੀਵਣਾ ਨਾਨਕ ਸਬਦੁ ਵੀਚਾਰਿ ॥੧॥ {ਪੰਨਾ 646}

ਪਦਅਰਥ:- ਜਗਿ—ਜਗਤ ਵਿਚ । ਤੋਟਾ—ਘਾਟਾ । ਸੰਸਾਰਿ—ਸੰਸਾਰ ਵਿਚ । ਸਭਿ—ਸਾਰੇ ਜੀਵ ।

ਅਰਥ:- ਨਾਮ ਤੋਂ ਬਿਨਾ ਸਾਰੇ ਲੋਕ ਭਟਕਦੇ ਫਿਰਦੇ ਹਨ; ਉਹਨਾਂ ਨੂੰ ਸੰਸਾਰ ਵਿਚ ਸਦਾ ਘਾਟਾ ਹੀ ਘਾਟਾ ਹੈ; ਹੇ ਨਾਨਕ! ਮਨਮੁਖ ਤਾਂ ਹਉਮੈ ਦੇ ਆਸਰੇ ਉਹ ਕਰਮ ਕਮਾਂਦੇ ਹਨ ਜੋ ਘੁੱਪ ਹਨੇਰਾ ਪੈਦਾ ਕਰਦੇ ਹਨ । ਪਰ ਸਤਿਗੁਰੂ ਦੇ ਸਨਮੁਖ ਜੀਵ ਸ਼ਬਦ ਨੂੰ ਵਿਚਾਰ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦੇ ਹਨ ।੧।

ਮਃ ੩ ॥ ਸਹਜੇ ਜਾਗੈ ਸਹਜੇ ਸੋਵੈ ॥ ਗੁਰਮੁਖਿ ਅਨਦਿਨੁ ਉਸਤਤਿ ਹੋਵੈ ॥ {ਪੰਨਾ 646}

ਅਰਥ:- ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੁੰਦਾ ਹੈ ਉਹ ਆਤਮਕ ਅਡੋਲਤਾ ਵਿਚ ਹੀ ਜਾਗਦਾ ਹੈ ਤੇ ਆਤਮਕ ਅਡੋਲਤਾ ਵਿਚ ਹੀ ਸੌਂਦਾ ਹੈ (ਭਾਵ, ਜਾਗਦਿਆਂ ਹਰੀ ਵਿਚ ਲੀਨ ਤੇ ਸੁੱਤਿਆਂ ਹਰੀ ਵਿਚ ਲੀਨ ਰਹਿੰਦਾ ਹੈ) ਉਸ ਨੂੰ ਹਰ ਰੋਜ਼ (ਭਾਵ, ਹਰ ਵੇਲੇ) ਹਰੀ ਦੀ ਉਸਤਤਿ (ਦਾ ਹੀ ਆਹਰ ਹੁੰਦਾ) ਹੈ ।

ਮਨਮੁਖ ਭਰਮੈ ਸਹਸਾ ਹੋਵੈ ॥ ਅੰਤਰਿ ਚਿੰਤਾ ਨੀਦ ਨ ਸੋਵੈ ॥ {ਪੰਨਾ 646}

ਅਰਥ:- ਮਨਮੁਖ ਭਟਕਦਾ ਹੈ, ਕਿਉਂਕਿ ਉਸ ਨੂੰ ਸਦਾ ਤੌਖ਼ਲਾ ਰਹਿੰਦਾ ਹੈ; ਮਨ ਵਿਚ ਚਿੰਤਾ ਹੋਣ ਕਰ ਕੇ ਉਹ (ਸੁਖ ਦੀ) ਨੀਂਦਰ ਨਹੀਂ ਸੌਂਦਾ ।

ਗਿਆਨੀ ਜਾਗਹਿ ਸਵਹਿ ਸੁਭਾਇ ॥ ਨਾਨਕ ਨਾਮਿ ਰਤਿਆ ਬਲਿ ਜਾਉ ॥੨॥ {ਪੰਨਾ 646}

ਅਰਥ:- ਪ੍ਰਭੂ ਨਾਲ ਡੂੰਘੀ ਸਾਂਝ ਰੱਖਣ ਵਾਲੇ ਬੰਦੇ ਪ੍ਰਭੂ ਦੇ ਪਿਆਰ ਵਿਚ ਹੀ ਜਾਗਦੇ ਸੌਂਦੇ ਹਨ (ਭਾਵ, ਜਾਗਦੇ ਤੇ ਸੁੱਤੇ ਹੋਏ ਇਕ-ਰਸ ਰਹਿੰਦੇ ਹਨ) । ਹੇ ਨਾਨਕ! ਮੈਂ ਨਾਮ ਵਿਚ ਰੰਗੇ ਹੋਇਆਂ ਤੋਂ ਸਦਕੇ ਹਾਂ ।੨।

ਪਉੜੀ ॥ ਸੇ ਹਰਿ ਨਾਮੁ ਧਿਆਵਹਿ ਜੋ ਹਰਿ ਰਤਿਆ ॥ ਹਰਿ ਇਕੁ ਧਿਆਵਹਿ ਇਕੁ ਇਕੋ ਹਰਿ ਸਤਿਆ ॥ ਹਰਿ ਇਕੋ ਵਰਤੈ ਇਕੁ ਇਕੋ ਉਤਪਤਿਆ ॥ ਜੋ ਹਰਿ ਨਾਮੁ ਧਿਆਵਹਿ ਤਿਨ ਡਰੁ ਸਟਿ ਘਤਿਆ ॥ ਗੁਰਮਤੀ ਦੇਵੈ ਆਪਿ ਗੁਰਮੁਖਿ ਹਰਿ ਜਪਿਆ ॥੯॥ {ਪੰਨਾ 646}

ਪਦਅਰਥ:- ਸਤਿਆ—ਸਤਿ, ਸਦਾ-ਥਿਰ ਰਹਿਣ ਵਾਲਾ ।

ਅਰਥ:- ਜੋ ਮਨੁੱਖ ਹਰੀ ਵਿਚ ਰੱਤੇ ਹੋਏ ਹਨ, ਉਹ ਉਸ ਦਾ ਨਾਮ ਸਿਮਰਦੇ ਹਨ; ਉਸ ਇੱਕ ਹਰੀ ਨੂੰ ਧਿਆਉਂਦੇ ਹਨ; ਜੋ ਸਦਾ ਕਾਇਮ ਰਹਿਣ ਵਾਲਾ ਹੈ, ਜੋ ਇੱਕ ਆਪ ਹਰ ਥਾਂ ਵਿਆਪਕ ਹੈ ਤੇ ਜਿਸ ਇਕ ਨੇ ਹੀ (ਸਾਰੀ ਸ੍ਰਿਸ਼ਟੀ) ਪੈਦਾ ਕੀਤੀ ਹੈ । ਜੋ ਮਨੁੱਖ ਨਾਮ ਸਿਮਰਦੇ ਹਨ, ਉਹਨਾਂ ਨੇ ਸਾਰਾ ਡਰ ਦੂਰ ਕਰ ਦਿੱਤਾ ਹੈ । ਪਰ ਉਹੀ ਗੁਰਮੁਖ ਨਾਮ ਸਿਮਰਦਾ ਹੈ ਜਿਸਨੂੰ ਪ੍ਰਭੂ ਆਪ ਗੁਰੂ ਦੀ ਮਤਿ ਦੀ ਰਾਹੀਂ ਇਹ ਦਾਤਿ ਦੇਂਦਾ ਹੈ ।੯।

ਸਲੋਕ ਮਃ ੩ ॥ ਅੰਤਰਿ ਗਿਆਨੁ ਨ ਆਇਓ ਜਿਤੁ ਕਿਛੁ ਸੋਝੀ ਪਾਇ ॥ ਵਿਣੁ ਡਿਠਾ ਕਿਆ ਸਾਲਾਹੀਐ ਅੰਧਾ ਅੰਧੁ ਕਮਾਇ ॥ ਨਾਨਕ ਸਬਦੁ ਪਛਾਣੀਐ ਨਾਮੁ ਵਸੈ ਮਨਿ ਆਇ ॥੧॥ {ਪੰਨਾ 646}

ਪਦਅਰਥ:- ਜਿਤੁ—ਜਿਸ (ਗਿਆਨੀ) ਦੀ ਰਾਹੀਂ ।

ਅਰਥ:- ਜਿਸ ਗਿਆਨ ਨਾਲ ਕੁਝ ਸਮਝ ਪੈਣੀ ਸੀ ਉਹ ਗਿਆਨ ਤਾਂ ਅੰਦਰ ਪਰਗਟ ਨਹੀਂ ਹੋਇਆ, ਫਿਰ ਜਿਸ (ਹਰੀ) ਨੂੰ ਵੇਖਿਆ ਨਹੀਂ ਉਸ ਦੀ ਉਸਤਤਿ ਕਿਵੇਂ ਹੋ ਸਕੇ? ਗਿਆਨ-ਹੀਨ ਮਨੁੱਖ ਅਗਿਆਨਤਾ ਦੀ ਕਮਾਈ ਹੀ ਕਰਦਾ ਹੈ । ਹੇ ਨਾਨਕ! ਜੇ ਸਤਿਗੁਰੂ ਦੇ ਸ਼ਬਦ ਨੂੰ ਪਛਾਣੀਏ ਤਾਂ ਹਰੀ ਦਾ ਨਾਮ ਮਨ ਵਿਚ ਆ ਵੱਸਦਾ ਹੈ ।੧।

ਮਃ ੩ ॥ ਇਕਾ ਬਾਣੀ ਇਕੁ ਗੁਰੁ ਇਕੋ ਸਬਦੁ ਵੀਚਾਰਿ ॥ ਸਚਾ ਸਉਦਾ ਹਟੁ ਸਚੁ ਰਤਨੀ ਭਰੇ ਭੰਡਾਰ ॥ ਗੁਰ ਕਿਰਪਾ ਤੇ ਪਾਈਅਨਿ ਜੇ ਦੇਵੈ ਦੇਵਣਹਾਰੁ ॥ {ਪੰਨਾ 646}

ਪਦਅਰਥ:- ਇਕਾ, ਇਕੁ, ਇਕੋ—ਕੇਵਲ, ਸਿਰਫ਼ ।

ਅਰਥ:- ਕੇਵਲ ਬਾਣੀ ਹੀ ਪ੍ਰਮਾਣੀਕ ਗੁਰੂ ਹੈ, ਗੁਰੂ ਦੇ ਸ਼ਬਦ ਨੂੰ ਹੀ ਵਿਚਾਰੋ—ਇਹੀ ਸਦਾ-ਥਿਰ ਰਹਿਣ ਵਾਲਾ ਸੌਦਾ ਹੈ, ਇਹੀ ਸੱਚਾ ਹੱਟ ਹੈ ਜਿਸ ਵਿਚ ਰਤਨਾਂ ਦੇ ਭੰਡਾਰੇ ਭਰੇ ਪਏ ਹਨ, ਜੇ ਦੇਣ ਵਾਲਾ (ਹਰੀ) ਦੇਵੇ ਤਾਂ (ਇਹ ਖ਼ਜ਼ਾਨੇ) ਸਤਿਗੁਰੂ ਦੀ ਕਿਰਪਾ ਨਾਲ ਮਿਲਦੇ ਹਨ ।

ਸਚਾ ਸਉਦਾ ਲਾਭੁ ਸਦਾ ਖਟਿਆ ਨਾਮੁ ਅਪਾਰੁ ॥ ਵਿਖੁ ਵਿਚਿ ਅੰਮ੍ਰਿਤੁ ਪ੍ਰਗਟਿਆ ਕਰਮਿ ਪੀਆਵਣਹਾਰੁ ॥ ਨਾਨਕ ਸਚੁ ਸਲਾਹੀਐ ਧੰਨੁ ਸਵਾਰਣਹਾਰੁ ॥੨॥ {ਪੰਨਾ 646}

ਪਦਅਰਥ:- ਵਿਖੁ—ਵਿਹੁ, ਜ਼ਹਿਰ । ਕਰਮਿ—ਮੇਹਰ ਨਾਲ । ਧੰਨੁ—ਸਲਾਹੁਣ-ਜੋਗ ।

ਅਰਥ:- ਜਿਸ ਮਨੁੱਖ ਨੇ ਇਹ ਸੱਚਾ ਸੌਦਾ (ਕਰ ਕੇ) ਬੇਅੰਤ ਪ੍ਰਭੂ ਦਾ ਨਾਮ ਲਾਭ ਖੱਟਿਆ ਹੈ, ਉਸ ਨੂੰ (ਮਾਇਆ) ਜ਼ਹਿਰ ਵਿਚ ਵਰਤਦਿਆਂ ਹੀ ਨਾਮ-ਅੰਮ੍ਰਿਤ ਮਿਲ ਪੈਂਦਾ ਹੈ, ਪਰ ਇਹ ਅੰਮ੍ਰਿਤ ਪਿਲਾਣ ਵਾਲਾ ਪ੍ਰਭੂ ਆਪਣੀ ਮੇਹਰ ਨਾਲ ਹੀ ਪਿਲਾਂਦਾ ਹੈ । ਹੇ ਨਾਨਕ! ਉਸ ਸਲਾਹੁਣ-ਜੋਗ ਪਰਮਾਤਮਾ ਨੂੰ ਸਿਮਰੀਏ ਜੋ (ਜੀਵਾਂ ਨੂੰ ਨਾਮ ਦੀ ਦਾਤਿ ਦੇ ਕੇ) ਸਵਾਰਦਾ ਹੈ ।੨।

ਪਉੜੀ ॥ ਜਿਨਾ ਅੰਦਰਿ ਕੂੜੁ ਵਰਤੈ ਸਚੁ ਨ ਭਾਵਈ ॥ ਜੇ ਕੋ ਬੋਲੈ ਸਚੁ ਕੂੜਾ ਜਲਿ ਜਾਵਈ ॥ ਕੂੜਿਆਰੀ ਰਜੈ ਕੂੜਿ ਜਿਉ ਵਿਸਟਾ ਕਾਗੁ ਖਾਵਈ ॥ {ਪੰਨਾ 646}

ਅਰਥ:- ਜਿਨ੍ਹਾਂ ਦੇ ਹਿਰਦੇ ਵਿਚ ਕੂੜ ਵਰਤਦਾ ਹੈ, ਉਹਨਾਂ ਨੂੰ ਸੱਚ ਚੰਗਾ ਨਹੀਂ ਲੱਗਦਾ; ਜੇ ਕੋਈ ਮਨੁੱਖ ਸੱਚ ਬੋਲੇ, ਤਾਂ ਝੂਠਾ (ਸੁਣ ਕੇ) ਸੜ ਬਲ ਜਾਂਦਾ ਹੈ; ਝੂਠ ਦਾ ਵਪਾਰੀ ਝੂਠ ਵਿਚ ਹੀ ਪ੍ਰਸੰਨ ਹੁੰਦਾ ਹੈ, ਜਿਵੇਂ ਕਾਂ ਵਿਸ਼ਟਾ ਖਾਂਦਾ ਹੈ (ਤੇ ਪ੍ਰਸੰਨ ਹੁੰਦਾ ਹੈ) ।

ਜਿਸੁ ਹਰਿ ਹੋਇ ਕ੍ਰਿਪਾਲੁ ਸੋ ਨਾਮੁ ਧਿਆਵਈ ॥ ਹਰਿ ਗੁਰਮੁਖਿ ਨਾਮੁ ਅਰਾਧਿ ਕੂੜੁ ਪਾਪੁ ਲਹਿ ਜਾਵਈ ॥੧੦॥ {ਪੰਨਾ 646}

ਪਦਅਰਥ:- ਅਰਾਧਿ—ਅਰਾਧ ਕੇ, ਸਿਮਰ ਕੇ ।

ਅਰਥ:- ਜਿਸ ਮਨੁੱਖ ਤੇ ਹਰੀ ਦਇਆਲ ਹੋਵੇ, ਉਹ ਨਾਮ ਜਪਦਾ ਹੈ; ਜੇ ਸਤਿਗੁਰੂ ਦੇ ਸਨਮੁਖ ਹੋ ਕੇ ਹਰੀ ਦਾ ਨਾਮ ਅਰਾਧੀਏ, ਤਾਂ ਕੂੜ ਤੇ ਪਾਪ ਲਹਿ ਜਾਂਦਾ ਹੈ ।੧੦।

ਸਲੋਕੁ ਮਃ ੩ ॥ ਸੇਖਾ ਚਉਚਕਿਆ ਚਉਵਾਇਆ ਏਹੁ ਮਨੁ ਇਕਤੁ ਘਰਿ ਆਣਿ ॥ ਏਹੜ ਤੇਹੜ ਛਡਿ ਤੂ ਗੁਰ ਕਾ ਸਬਦੁ ਪਛਾਣੁ ॥ {ਪੰਨਾ 646}

ਅਰਥ:- ਹੇ ਚੁੱਕੇ ਚੁਕਾਏ ਸ਼ੇਖ਼! ਇਸ ਮਨ ਨੂੰ ਇਕ ਟਿਕਾਣੇ ਤੇ ਲਿਆ; ਵਿੰਗੀਆਂ ਟੇਢੀਆਂ ਗੱਲਾਂ ਛੱਡ ਤੇ ਸਤਿਗੁਰੂ ਦੇ ਸ਼ਬਦ ਨੂੰ ਸਮਝ ।

ਸਤਿਗੁਰ ਅਗੈ ਢਹਿ ਪਉ ਸਭੁ ਕਿਛੁ ਜਾਣੈ ਜਾਣੁ ॥ ਆਸਾ ਮਨਸਾ ਜਲਾਇ ਤੂ ਹੋਇ ਰਹੁ ਮਿਹਮਾਣੁ ॥ ਸਤਿਗੁਰ ਕੈ ਭਾਣੈ ਭੀ ਚਲਹਿ ਤਾ ਦਰਗਹ ਪਾਵਹਿ ਮਾਣੁ ॥ {ਪੰਨਾ 646}

ਅਰਥ:- ਹੇ ਸ਼ੇਖਾ! ਜੋ (ਸਭ ਦਾ) ਜਾਣੂ ਸਤਿਗੁਰੂ ਸਭ ਕੁਝ ਸਮਝਦਾ ਹੈ ਉਸ ਦੀ ਚਰਨੀਂ ਲੱਗ; ਆਸਾਂ ਤੇ ਮਨ ਦੀਆਂ ਦੌੜਾਂ ਮਿਟਾ ਕੇ ਆਪਣੇ ਆਪ ਨੂੰ ਜਗਤ ਵਿਚ ਪਰਾਹੁਣਾ ਸਮਝ; ਜੇ ਤੂੰ ਸਤਿਗੁਰੂ ਦੇ ਭਾਣੇ ਵਿਚ ਚਲੇਂਗਾ ਤਾਂ ਰੱਬ ਦੀ ਦਰਗਾਹ ਵਿਚ ਆਦਰ ਪਾਵੇਂਗਾ ।

ਨਾਨਕ ਜਿ ਨਾਮੁ ਨ ਚੇਤਨੀ ਤਿਨ ਧਿਗੁ ਪੈਨਣੁ ਧਿਗੁ ਖਾਣੁ ॥੧॥ {ਪੰਨਾ 646}

ਅਰਥ:- ਹੇ ਨਾਨਕ! ਜੋ ਮਨੁੱਖ ਨਾਮ ਨਹੀਂ ਸਿਮਰਦੇ, ਉਹਨਾਂ ਦਾ (ਚੰਗਾ) ਖਾਣਾ ਤੇ (ਚੰਗਾ) ਪਹਿਨਣਾ ਫਿਟਕਾਰ-ਜੋਗ ਹੈ ।੧।

ਮਃ ੩ ॥ ਹਰਿ ਗੁਣ ਤੋਟਿ ਨ ਆਵਈ ਕੀਮਤਿ ਕਹਣੁ ਨ ਜਾਇ ॥ ਨਾਨਕ ਗੁਰਮੁਖਿ ਹਰਿ ਗੁਣ ਰਵਹਿ ਗੁਣ ਮਹਿ ਰਹੈ ਸਮਾਇ ॥੨॥ {ਪੰਨਾ 646}

ਅਰਥ:- ਹਰੀ ਦੇ ਗੁਣ ਬਿਆਨ ਕਰਦਿਆਂ ਉਹ ਗੁਣ ਮੁੱਕਦੇ ਨਹੀਂ, ਤੇ ਨਾਹ ਹੀ ਇਹ ਦੱਸਿਆ ਜਾ ਸਕਦਾ ਹੈ ਕਿ ਇਹਨਾਂ ਗੁਣਾਂ ਨੂੰ ਵਿਹਾਝਣ ਲਈ ਮੁੱਲ ਕੀਹ ਹੈ; (ਪਰ,) ਹੇ ਨਾਨਕ! ਗੁਰਮੁਖ ਜੀਊੜੇ ਹਰੀ ਦੇ ਗੁਣ ਗਾਉਂਦੇ ਹਨ । (ਜਿਹੜਾ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ ਉਹ) ਗੁਣਾਂ ਵਿਚ ਲੀਨ ਹੋਇਆ ਰਹਿੰਦਾ ਹੈ ।੨।

ਪਉੜੀ ॥ ਹਰਿ ਚੋਲੀ ਦੇਹ ਸਵਾਰੀ ਕਢਿ ਪੈਧੀ ਭਗਤਿ ਕਰਿ ॥ ਹਰਿ ਪਾਟੁ ਲਗਾ ਅਧਿਕਾਈ ਬਹੁ ਬਹੁ ਬਿਧਿ ਭਾਤਿ ਕਰਿ ॥ ਕੋਈ ਬੂਝੈ ਬੂਝਣਹਾਰਾ ਅੰਤਰਿ ਬਿਬੇਕੁ ਕਰਿ ॥ ਸੋ ਬੂਝੈ ਏਹੁ ਬਿਬੇਕੁ ਜਿਸੁ ਬੁਝਾਏ ਆਪਿ ਹਰਿ ॥ {ਪੰਨਾ 646}

ਅਰਥ:- (ਇਹ ਮਨੁੱਖਾ) ਸਰੀਰ, ਮਾਨੋ, ਚੋਲੀ ਹੈ ਜੋ ਪ੍ਰਭੂ ਨੇ ਬਣਾਈ ਹੈ ਤੇ ਭਗਤੀ (-ਰੂਪ ਕਸੀਦਾ) ਕੱਢ ਕੇ ਇਹ ਚੋਲੀ ਪਹਿਨਣ-ਜੋਗ ਬਣਦੀ ਹੈ । (ਇਸ ਚੋਲੀ ਨੂੰ) ਬਹੁਤ ਤਰ੍ਹਾਂ ਕਈ ਵੰਨਗੀਆਂ ਦਾ ਹਰੀ-ਨਾਮ ਪੱਟ ਲੱਗਾ ਹੋਇਆ ਹੈ; (ਇਸ ਭੇਤ ਨੂੰ) ਮਨ ਵਿਚ ਵਿਚਾਰ ਕਰ ਕੇ ਕੋਈ ਵਿਰਲਾ ਸਮਝਣ ਵਾਲਾ ਸਮਝਦਾ ਹੈ । ਇਸ ਵਿਚਾਰ ਨੂੰ ਉਹ ਸਮਝਦਾ ਹੈ, ਜਿਸ ਨੂੰ ਹਰੀ ਆਪ ਸਮਝਾਵੇ ।

ਜਨੁ ਨਾਨਕੁ ਕਹੈ ਵਿਚਾਰਾ ਗੁਰਮੁਖਿ ਹਰਿ ਸਤਿ ਹਰਿ ॥੧੧॥ {ਪੰਨਾ 646}

ਪਦਅਰਥ:- ਸਤਿ—ਸਦਾ-ਥਿਰ ਰਹਿਣ ਵਾਲਾ ।

ਅਰਥ:- ਦਾਸ ਨਾਨਕ ਇਹ ਵਿਚਾਰ ਦੱਸਦਾ ਹੈ ਕਿ ਸਦਾ-ਥਿਰ ਰਹਿਣ ਵਾਲਾ ਹਰੀ ਗੁਰੂ ਦੀ ਰਾਹੀਂ (ਸਿਮਰਿਆ ਜਾ ਸਕਦਾ ਹੈ) ।੧੧।

ਸਲੋਕੁ ਮਃ ੩ ॥ ਪਰਥਾਇ ਸਾਖੀ ਮਹਾ ਪੁਰਖ ਬੋਲਦੇ ਸਾਝੀ ਸਗਲ ਜਹਾਨੈ ॥ ਗੁਰਮੁਖਿ ਹੋਇ ਸੁ ਭਉ ਕਰੇ ਆਪਣਾ ਆਪੁ ਪਛਾਣੈ ॥ ਗੁਰ ਪਰਸਾਦੀ ਜੀਵਤੁ ਮਰੈ ਤਾ ਮਨ ਹੀ ਤੇ ਮਨੁ ਮਾਨੈ ॥ {ਪੰਨਾ 647}

ਪਦਅਰਥ:- ਸਾਖੀ—ਸਿੱਖਿਆ ਦਾ ਬਚਨ ।

ਅਰਥ:- ਮਹਾਂ ਪੁਰਖ ਕਿਸੇ ਦੇ ਸੰਬੰਧ ਵਿਚ ਸਿੱਖਿਆ ਦਾ ਬਚਨ ਬੋਲਦੇ ਹਨ (ਪਰ ਉਹ ਸਿੱਖਿਆ) ਸਾਰੇ ਸੰਸਾਰ ਲਈ ਸਾਂਝੀ ਹੁੰਦੀ ਹੈ, ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੁੰਦਾ ਹੈ, ਉਹ (ਸੁਣ ਕੇ) ਪ੍ਰਭੂ ਦਾ ਡਰ (ਹਿਰਦੇ ਵਿਚ ਧਾਰਨ) ਕਰਦਾ ਹੈ, ਤੇ ਆਪਣੇ ਆਪ ਦੀ ਖੋਜ ਕਰਦਾ ਹੈ । ਸਤਿਗੁਰੂ ਦੀ ਕਿਰਪਾ ਨਾਲ ਉਹ ਸੰਸਾਰ ਵਿਚ ਵਰਤਦਾ ਹੋਇਆ ਹੀ ਮਾਇਆ ਵਲੋਂ ਉਦਾਸ ਰਹਿੰਦਾ ਹੈ, ਤਾਂ ਉਸ ਦਾ ਮਨ ਆਪਣੇ ਆਪ ਵਿਚ ਪਤੀਜ ਜਾਂਦਾ ਹੈ (ਬਾਹਰ ਭਟਕਣੋਂ ਹਟ ਜਾਂਦਾ ਹੈ) ।

ਜਿਨ ਕਉ ਮਨ ਕੀ ਪਰਤੀਤਿ ਨਾਹੀ ਨਾਨਕ ਸੇ ਕਿਆ ਕਥਹਿ ਗਿਆਨੈ ॥੧॥ {ਪੰਨਾ 647}

ਅਰਥ:- ਹੇ ਨਾਨਕ! ਜਿਨ੍ਹਾਂ ਦਾ ਮਨ ਪਤੀਜਿਆ ਨਹੀਂ, ਉਹਨਾਂ ਨੂੰ ਗਿਆਨ ਦੀਆਂ ਗੱਲਾਂ ਕਰਨ ਦਾ ਕੋਈ ਲਾਭ ਨਹੀਂ ਹੁੰਦਾ ।੧।

ਮਃ ੩ ॥ ਗੁਰਮੁਖਿ ਚਿਤੁ ਨ ਲਾਇਓ ਅੰਤਿ ਦੁਖੁ ਪਹੁਤਾ ਆਇ ॥ ਅੰਦਰਹੁ ਬਾਹਰਹੁ ਅੰਧਿਆਂ ਸੁਧਿ ਨ ਕਾਈ ਪਾਇ ॥ ਪੰਡਿਤ ਤਿਨ ਕੀ ਬਰਕਤੀ ਸਭੁ ਜਗਤੁ ਖਾਇ ਜੋ ਰਤੇ ਹਰਿ ਨਾਇ ॥ ਜਿਨ ਗੁਰ ਕੈ ਸਬਦਿ ਸਲਾਹਿਆ ਹਰਿ ਸਿਉ ਰਹੇ ਸਮਾਇ ॥ {ਪੰਨਾ 647}

ਅਰਥ:- ਹੇ ਪੰਡਿਤ! ਜਿਨ੍ਹਾਂ ਮਨੁੱਖਾਂ ਨੇ ਸਤਿਗੁਰੂ ਦੇ ਸਨਮੁਖ ਹੋ ਕੇ (ਹਰੀ ਵਿਚ) ਮਨ ਨਹੀਂ ਜੋੜਿਆ, ਉਹਨਾਂ ਨੂੰ ਆਖ਼ਰ ਦੁੱਖ ਵਾਪਰਦਾ ਹੈ; ਉਹਨਾਂ ਅੰਦਰੋਂ ਤੇ ਬਾਹਰੋਂ ਅੰਨ੍ਹਿਆਂ ਨੂੰ ਕੋਈ ਸਮਝ ਨਹੀਂ ਆਉਂਦੀ । (ਪਰ) ਹੇ ਪੰਡਿਤ! ਜੋ ਮਨੁੱਖ ਹਰੀ ਦੇ ਨਾਮ ਵਿਚ ਰੱਤੇ ਹੋਏ ਹਨ, ਜਿਨ੍ਹਾਂ ਨੇ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸਿਫ਼ਤਿ-ਸਾਲਾਹ ਕੀਤੀ ਹੈ ਤੇ ਹਰੀ ਵਿੱਚ ਲੀਨ ਹਨ, ਉਹਨਾਂ ਦੀ ਕਮਾਈ ਦੀ ਬਰਕਤਿ ਸਾਰਾ ਸੰਸਾਰ ਖਾਂਦਾ ਹੈ ।

ਪੰਡਿਤ ਦੂਜੈ ਭਾਇ ਬਰਕਤਿ ਨ ਹੋਵਈ ਨਾ ਧਨੁ ਪਲੈ ਪਾਇ ॥ ਪੜਿ ਥਕੇ ਸੰਤੋਖੁ ਨ ਆਇਓ ਅਨਦਿਨੁ ਜਲਤ ਵਿਹਾਇ ॥ ਕੂਕ ਪੂਕਾਰ ਨ ਚੁਕਈ ਨਾ ਸੰਸਾ ਵਿਚਹੁ ਜਾਇ ॥ ਨਾਨਕ ਨਾਮ ਵਿਹੂਣਿਆ ਮੁਹਿ ਕਾਲੈ ਉਠਿ ਜਾਇ ॥੨॥ {ਪੰਨਾ 647}

ਪਦਅਰਥ:- ਕੂਕ ਪੂਕਾਰ—ਰੋਣਾ-ਚੀਕਣਾ, ਗਿਲੇ-ਗੁਜ਼ਾਰੀ । ਸੰਸਾ—ਤੌਖ਼ਲਾ । ਮੁਹਿ ਕਾਲੈ—ਕਾਲੇ ਮੂੰਹ ਨਾਲ, ਮੁਕਾਲਖ ਖੱਟ ਕੇ ।

ਅਰਥ:- ਹੇ ਪੰਡਿਤ! ਮਾਇਆ ਦੇ ਮੋਹ ਵਿਚ (ਫਸੇ ਰਿਹਾਂ) ਬਰਕਤਿ ਨਹੀਂ ਹੋ ਸਕਦੀ (ਆਤਮਿਕ ਜੀਵਨ ਵਧਦਾ-ਫੁਲਦਾ ਨਹੀਂ) ਤੇ ਨਾਹ ਹੀ ਨਾਮ-ਧਨ ਮਿਲਦਾ ਹੈ; ਪੜ੍ਹ ਕੇ ਥੱਕ ਜਾਂਦੇ ਹਨ, ਪਰ ਸੰਤੋਖ ਨਹੀਂ ਆਉਂਦਾ ਤੇ ਹਰ ਵੇਲੇ (ਉਮਰ) ਸੜਦਿਆਂ ਹੀ ਗੁਜ਼ਰਦੀ ਹੈ; ਉਹਨਾਂ ਦੀ ਗਿਲਾ-ਗੁਜ਼ਾਰੀ ਮੁੱਕਦੀ ਨਹੀਂ ਤੇ ਮਨ ਵਿਚੋਂ ਚਿੰਤਾ ਨਹੀਂ ਜਾਂਦੀ । ਹੇ ਨਾਨਕ! ਨਾਮ ਤੋਂ ਸੱਖਣਾ ਰਹਿਣ ਕਰਕੇ ਮਨੁੱਖ ਕਾਲੇ-ਮੂੰਹ ਹੀ (ਸੰਸਾਰ ਤੋਂ) ਉੱਠ ਜਾਂਦਾ ਹੈ ।੨।

ਪਉੜੀ ॥ ਹਰਿ ਸਜਣ ਮੇਲਿ ਪਿਆਰੇ ਮਿਲਿ ਪੰਥੁ ਦਸਾਈ ॥ ਜੋ ਹਰਿ ਦਸੇ ਮਿਤੁ ਤਿਸੁ ਹਉ ਬਲਿ ਜਾਈ ॥ ਗੁਣ ਸਾਝੀ ਤਿਨ ਸਿਉ ਕਰੀ ਹਰਿ ਨਾਮੁ ਧਿਆਈ ॥ ਹਰਿ ਸੇਵੀ ਪਿਆਰਾ ਨਿਤ ਸੇਵਿ ਹਰਿ ਸੁਖੁ ਪਾਈ ॥ {ਪੰਨਾ 647}

ਪਦਅਰਥ:- ਸਜਣ—ਗੁਰਮੁਖ । ਮਿਲਿ—ਮਿਲਿ ਕੇ । ਪੰਥੁ—ਰਾਹ । ਦਸਾਈ—ਮੈਂ ਪੁੱਛਾਂ । ਕਰੀ—ਮੈਂ ਕਰਾਂ । ਧਿਆਈ—ਮੈਂ ਸਿਮਰਾਂ ।

ਅਰਥ:- ਹੇ ਪਿਆਰੇ ਹਰੀ! ਮੈਨੂੰ ਗੁਰਮੁਖ ਮਿਲਾ, ਜਿਨ੍ਹਾਂ ਨੂੰ ਮਿਲ ਕੇ ਮੈਂ ਤੇਰਾ ਰਾਹ ਪੁੱਛਾਂ । ਜੋ ਮਨੁੱਖ ਮੈਨੂੰ ਹਰੀ ਮਿਤ੍ਰ (ਦੀ ਖ਼ਬਰ) ਦੱਸੇ, ਮੈਂ ਉਸ ਤੋਂ ਸਦਕੇ ਹਾਂ । ਉਹਨਾਂ ਨਾਲ ਮੈਂ ਗੁਣਾਂ ਦੀ ਭਿਆਲੀ ਪਾਵਾਂ ਤੇ ਹਰੀ-ਨਾਮ ਸਿਮਰਾਂ । ਮੈਂ ਸਦਾ ਪਿਆਰਾ ਹਰੀ ਸਿਮਰਾਂ ਤੇ ਸਿਮਰ ਕੇ ਸੁਖ ਲਵਾਂ ।

ਬਲਿਹਾਰੀ ਸਤਿਗੁਰ ਤਿਸੁ ਜਿਨਿ ਸੋਝੀ ਪਾਈ ॥੧੨॥ {ਪੰਨਾ 647}

ਅਰਥ:- ਮੈਂ ਸਦਕੇ ਹਾਂ ਉਸ ਸਤਿਗੁਰੂ ਤੋਂ, ਜਿਸ ਨੇ (ਪਰਮਾਤਮਾ ਦੀ) ਸਮਝ ਬਖ਼ਸ਼ੀ ਹੈ ।੧੨।

ਸਲੋਕੁ ਮਃ ੩ ॥ ਪੰਡਿਤ ਮੈਲੁ ਨ ਚੁਕਈ ਜੇ ਵੇਦ ਪੜੈ ਜੁਗ ਚਾਰਿ ॥ ਤ੍ਰੈ ਗੁਣ ਮਾਇਆ ਮੂਲੁ ਹੈ ਵਿਚਿ ਹਉਮੈ ਨਾਮੁ ਵਿਸਾਰਿ ॥ ਪੰਡਿਤ ਭੂਲੇ ਦੂਜੈ ਲਾਗੇ ਮਾਇਆ ਕੈ ਵਾਪਾਰਿ ॥ ਅੰਤਰਿ ਤ੍ਰਿਸਨਾ ਭੁਖ ਹੈ ਮੂਰਖ ਭੁਖਿਆ ਮੁਏ ਗਵਾਰ ॥ {ਪੰਨਾ 647}

ਅਰਥ:- ਪੰਡਿਤ ਦੀ (ਭੀ) ਮੈਲ ਦੂਰ ਨਹੀਂ ਹੁੰਦੀ, ਭਾਵੇਂ ਚਾਰੇ ਜੁਗ ਵੇਦ ਪੜ੍ਹਦਾ ਰਹੇ (ਕਿਉਂਕਿ) ਤਿੰਨਾਂ ਗੁਣਾਂ ਵਾਲੀ ਮਾਇਆ (ਇਸ ਮੈਲ ਦਾ) ਕਾਰਨ ਹੈ, (ਜਿਸ ਕਰਕੇ ਪੰਡਿਤ) ਹਉਮੈ ਵਿਚ ਨਾਮ ਵਿਸਾਰ ਦੇਂਦਾ ਹੈ; ਭੁੱਲੇ ਹੋਏ ਪੰਡਿਤ ਮਾਇਆ ਦੇ ਵਪਾਰ ਵਿਚ ਤੇ ਮਾਇਆ ਦੇ ਮੋਹ ਵਿਚ ਲੱਗੇ ਹੋਏ ਹਨ, ਉਹਨਾਂ ਦੇ ਅੰਦਰ ਤ੍ਰਿਸ਼ਨਾ ਹੈ ਭੁੱਖ ਹੈ, ਗਵਾਰ ਮੂਰਖ ਭੁੱਲੇ ਹੀ ਮਰ ਗਏ ਹਨ (ਭਾਵੇਂ ਧਰਮ ਪੁਸਤਕਾਂ ਪੜ੍ਹਦੇ ਹਨ) (ਭਾਵ, ਮਾਇਆ ਦੇ ਲਾਲਚ ਵਿਚ ਰਹਿ ਕੇ ਆਤਮਕ ਮੌਤ ਸਹੇੜ ਗਏ) ।

ਸਤਿਗੁਰਿ ਸੇਵਿਐ ਸੁਖੁ ਪਾਇਆ ਸਚੈ ਸਬਦਿ ਵੀਚਾਰਿ ॥ ਅੰਦਰਹੁ ਤ੍ਰਿਸਨਾ ਭੁਖ ਗਈ ਸਚੈ ਨਾਇ ਪਿਆਰਿ ॥ ਨਾਨਕ ਨਾਮਿ ਰਤੇ ਸਹਜੇ ਰਜੇ ਜਿਨਾ ਹਰਿ ਰਖਿਆ ਉਰਿ ਧਾਰਿ ॥੧॥ {ਪੰਨਾ 647}

ਅਰਥ:- ਸਤਿਗੁਰੂ ਦੇ ਦੱਸੇ ਰਾਹ ਤੇ ਤੁਰਿਆਂ ਤੇ ਸੱਚੇ ਸ਼ਬਦ ਵਿਚ ਵਿਚਾਰ ਕੀਤਿਆਂ ਸੁਖ ਮਿਲਦਾ ਹੈ; ਸੱਚੇ ਨਾਮ ਵਿਚ ਪਿਆਰ ਕਰਨ ਨਾਲ ਅੰਦਰੋਂ ਤ੍ਰਿਸ਼ਨਾ ਤੇ ਭੁੱਖ ਦੂਰ ਹੋ ਜਾਂਦੀ ਹੈ । ਹੇ ਨਾਨਕ! ਜੋ ਮਨੁੱਖ ਨਾਮ ਵਿਚ ਰੰਗੇ ਹੋਏ ਹਨ ਤੇ ਜਿਨ੍ਹਾਂ ਨੇ ਹਰੀ ਨੂੰ ਹਿਰਦੇ ਵਿਚ ਪਰੋਇਆ ਹੋਇਆ ਹੈ ਉਹ ਆਤਮਕ ਅਡੋਲਤਾ ਵਿਚ ਟਿਕ

ਕੇ ਸੰਤੋਖੀ ਹੋ ਗਏ ਹਨ ।੧।

ਮਃ ੩ ॥ ਮਨਮੁਖ ਹਰਿ ਨਾਮੁ ਨ ਸੇਵਿਆ ਦੁਖੁ ਲਗਾ ਬਹੁਤਾ ਆਇ ॥ ਅੰਤਰਿ ਅਗਿਆਨੁ ਅੰਧੇਰੁ ਹੈ ਸੁਧਿ ਨ ਕਾਈ ਪਾਇ ॥ ਮਨਹਠਿ ਸਹਜਿ ਨ ਬੀਜਿਓ ਭੁਖਾ ਕਿ ਅਗੈ ਖਾਇ ॥ ਨਾਮੁ ਨਿਧਾਨੁ ਵਿਸਾਰਿਆ ਦੂਜੈ ਲਗਾ ਜਾਇ ॥ {ਪੰਨਾ 647}

ਅਰਥ:- ਮਨਮੁਖ ਨੇ ਹਰੀ ਦਾ ਨਾਮ ਨਹੀਂ ਸਿਮਰਿਆ, ਇਸ ਕਰਕੇ ਬਹੁਤਾ ਦੁਖੀ ਹੁੰਦਾ ਹੈ । ਉਸ ਦੇ ਹਿਰਦੇ ਵਿਚ ਅਗਿਆਨ (-ਰੂਪ) ਹਨੇਰਾ ਹੁੰਦਾ ਹੈ (ਇਸ ਲਈ) ਉਸ ਨੂੰ ਕੋਈ ਸੋਝੀ ਨਹੀਂ ਪੈਂਦੀ; ਮਨ ਦੇ ਹਠ ਕਰਕੇ ਉਹ ਅਡੋਲ ਅਵਸਥਾ ਵਿਚ ਕੁਝ ਨਹੀਂ ਬੀਜਦਾ (ਨਾਮ ਨਹੀਂ ਜਪਦਾ), (ਇਸ ਆਤਮਕ ਖ਼ੁਰਾਕ ਤੋਂ ਸੱਖਣਾ) ਭੁੱਖਾ ਅੱਗੇ ਕੀਹ ਖਾਏਗਾ? (ਮਨਮੁਖ) ਨਾਮ-ਖ਼ਜ਼ਾਨਾ ਵਿਸਾਰ ਕੇ ਮਾਇਆ ਵਿਚ ਜਾ ਲੱਗਾ ਹੈ ।

ਨਾਨਕ ਗੁਰਮੁਖਿ ਮਿਲਹਿ ਵਡਿਆਈਆ ਜੇ ਆਪੇ ਮੇਲਿ ਮਿਲਾਇ ॥੨॥ {ਪੰਨਾ 647}

ਅਰਥ:- ਹੇ ਨਾਨਕ! ਸਤਿਗੁਰੂ ਦੇ ਸਨਮੁਖ ਹੋਏ ਮਨੁੱਖਾਂ ਨੂੰ ਵਡਿਆਈ ਮਿਲਦੀ ਹੈ, ਜੇ ਹਰੀ ਆਪ ਹੀ ਸੰਗਤਿ ਵਿਚ ਮਿਲਾ ਲਏ ।੨।

ਪਉੜੀ ॥ ਹਰਿ ਰਸਨਾ ਹਰਿ ਜਸੁ ਗਾਵੈ ਖਰੀ ਸੁਹਾਵਣੀ ॥ ਜੋ ਮਨਿ ਤਨਿ ਮੁਖਿ ਹਰਿ ਬੋਲੈ ਸਾ ਹਰਿ ਭਾਵਣੀ ॥ ਜੋ ਗੁਰਮੁਖਿ ਚਖੈ ਸਾਦੁ ਸਾ ਤ੍ਰਿਪਤਾਵਣੀ ॥ ਗੁਣ ਗਾਵੈ ਪਿਆਰੇ ਨਿਤ ਗੁਣ ਗਾਇ ਗੁਣੀ ਸਮਝਾਵਣੀ ॥ ਜਿਸੁ ਹੋਵੈ ਆਪਿ ਦਇਆਲੁ ਸਾ ਸਤਿਗੁਰੂ ਗੁਰੂ ਬੁਲਾਵਣੀ ॥੧੩॥ {ਪੰਨਾ 647}

ਅਰਥ:- ਜੋ ਜੀਭ ਹਰੀ ਦਾ ਜਸ ਗਾਉਂਦੀ ਹੈ, ਉਹ ਬੜੀ ਸੁੰਦਰ ਲਗਦੀ ਹੈ; ਜੋ ਮਨੋਂ ਤਨੋਂ ਹੋ ਕੇ ਮੂੰਹੋਂ ਹਰੀ-ਨਾਮ ਬੋਲਦੀ ਹੈ ਉਹ ਹਰੀ ਨੂੰ ਪਿਆਰੀ ਲੱਗਦੀ ਹੈ; ਜੋ ਸਤਿਗੁਰੂ ਦੇ ਸਨਮੁਖ ਹੋ ਕੇ ਸੁਆਦ ਚੱਖਦੀ ਹੈ, ਉਹ ਰੱਜ ਜਾਂਦੀ ਹੈ (ਭਾਵ, ਉਹ ਜੀਭ ਹੋਰ ਰਸਾਂ ਵੱਲ ਨਹੀਂ ਦੌੜਦੀ), ਪਿਆਰੇ ਹਰੀ ਦੇ ਗੁਣ ਸਦਾ ਗਾਉਂਦੀ ਹੈ ਤੇ ਗੁਣ ਗਾ ਕੇ ਗੁਣੀ (ਹਰੀ) ਦੀ (ਹੋਰਨਾਂ ਨੂੰ) ਸਿੱਖਿਆ ਦੇਂਦੀ ਹੈ । ਜਿਸ (ਜੀਭ) ਤੇ ਹਰੀ ਆਪ ਦਿਆਲ ਹੁੰਦਾ ਹੈ, ਉਹ 'ਗੁਰੂ ਗੁਰੂ' ਜਪਦੀ ਹੈ ।੧੩।

ਸਲੋਕੁ ਮਃ ੩ ॥ ਹਸਤੀ ਸਿਰਿ ਜਿਉ ਅੰਕਸੁ ਹੈ ਅਹਰਣਿ ਜਿਉ ਸਿਰੁ ਦੇਇ ॥ ਮਨੁ ਤਨੁ ਆਗੈ ਰਾਖਿ ਕੈ ਊਭੀ ਸੇਵ ਕਰੇਇ ॥ ਇਉ ਗੁਰਮੁਖਿ ਆਪੁ ਨਿਵਾਰੀਐ ਸਭੁ ਰਾਜੁ ਸ੍ਰਿਸਟਿ ਕਾ ਲੇਇ ॥ {ਪੰਨਾ 647-648}

ਪਦਅਰਥ:- ਸਿਰਿ—ਸਿਰ ਉਤੇ । ਅੰਕਸੁ—ਮਹਾਵਤ ਦਾ ਕੁੰਡਾ । ਊਭੀ—ਖਲੋ ਕੇ, ਸੁਚੇਤ ਹੋ ਕੇ । ਆਪੁ—ਆਪਾ-ਭਾਵ, ਅਪਣੱਤ । ਨਿਵਾਰੀਐ—ਦੂਰ ਕੀਤੀ ਜਾਂਦੀ ਹੈ ।

ਅਰਥ:- ਜਿਵੇਂ ਹਾਥੀ ਦੇ ਸਿਰ ਤੇ ਕੁੰਡਾ ਹੈ ਤੇ ਜਿਵੇਂ ਅਹਰਣ (ਵਦਾਨ ਹੇਠਾਂ) ਸਿਰ ਦੇਂਦੀ ਹੈ, ਤਿਵੇਂ ਸਰੀਰ ਤੇ ਮਨ (ਸਤਿਗੁਰੂ ਨੂੰ) ਅਰਪਣ ਕਰ ਕੇ ਸਾਵਧਾਨ ਹੋ ਕੇ ਸੇਵਾ ਕਰੋ; ਸਤਿਗੁਰੂ ਦੇ ਸਨਮੁਖ ਹੋਇਆਂ ਮਨੁੱਖ ਇਸ ਤਰ੍ਹਾਂ ਆਪਾ-ਭਾਵ ਗਵਾਂਦਾ ਹੈ ਤੇ, ਮਾਨੋ, ਸਾਰੀ ਸ੍ਰਿਸ਼ਟੀ ਦਾ ਰਾਜ ਲੈ ਲੈਂਦਾ ਹੈ ।

ਨਾਨਕ ਗੁਰਮੁਖਿ ਬੁਝੀਐ ਜਾ ਆਪੇ ਨਦਰਿ ਕਰੇਇ ॥੧॥ {ਪੰਨਾ 648}

ਅਰਥ:- ਹੇ ਨਾਨਕ! ਜਦੋਂ ਹਰੀ ਆਪ ਕ੍ਰਿਪਾ ਦੀ ਨਜ਼ਰ ਕਰਦਾ ਹੈ ਤਦੋਂ ਸਤਿਗੁਰੂ ਦੇ ਸਨਮੁਖ ਹੋ ਕੇ ਇਹ ਸਮਝ ਆਉਂਦੀ ਹੈ ।੧।

ਮਃ ੩ ॥ ਜਿਨ ਗੁਰਮੁਖਿ ਨਾਮੁ ਧਿਆਇਆ ਆਏ ਤੇ ਪਰਵਾਣੁ ॥ ਨਾਨਕ ਕੁਲ ਉਧਾਰਹਿ ਆਪਣਾ ਦਰਗਹ ਪਾਵਹਿ ਮਾਣੁ ॥੨॥ {ਪੰਨਾ 648}

ਅਰਥ:- (ਸੰਸਾਰ ਵਿਚ) ਆਏ ਉਹ ਮਨੁੱਖ ਕਬੂਲ ਹਨ ਜਿਨ੍ਹਾਂ ਨੇ ਸਤਿਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਨਾਮ ਸਿਮਰਿਆ ਹੈ; ਹੇ ਨਾਨਕ! ਉਹ ਮਨੁੱਖ ਆਪਣੀ ਕੁਲ ਨੂੰ ਤਾਰ ਲੈਂਦੇ ਹਨ ਤੇ ਆਪ ਦਰਗਾਹ ਵਿਚ ਆਦਰ ਪਾਂਦੇ ਹਨ ।੨।

ਪਉੜੀ ॥ ਗੁਰਮੁਖਿ ਸਖੀਆ ਸਿਖ ਗੁਰੂ ਮੇਲਾਈਆ ॥ ਇਕਿ ਸੇਵਕ ਗੁਰ ਪਾਸਿ ਇਕਿ ਗੁਰਿ ਕਾਰੈ ਲਾਈਆ ॥ ਜਿਨਾ ਗੁਰੁ ਪਿਆਰਾ ਮਨਿ ਚਿਤਿ ਤਿਨਾ ਭਾਉ ਗੁਰੂ ਦੇਵਾਈਆ ॥ ਗੁਰ ਸਿਖਾ ਇਕੋ ਪਿਆਰੁ ਗੁਰ ਮਿਤਾ ਪੁਤਾ ਭਾਈਆ ॥ ਗੁਰੁ ਸਤਿਗੁਰੁ ਬੋਲਹੁ ਸਭਿ ਗੁਰੁ ਆਖਿ ਗੁਰੂ ਜੀਵਾਈਆ ॥੧੪॥ {ਪੰਨਾ 648}

ਅਰਥ:- ਸਤਿਗੁਰੂ ਨੇ ਗੁਰਮੁਖ ਸਿੱਖ (-ਰੂਪ) ਸਹੇਲੀਆਂ (ਆਪੋ ਵਿਚ) ਮਿਲਾਈਆਂ ਹਨ; ਉਹਨਾਂ ਵਿਚੋਂ ਕਈ ਸਤਿਗੁਰੂ ਦੇ ਕੋਲ ਸੇਵਾ ਕਰਦੀਆਂ ਹਨ, ਕਈਆਂ ਨੂੰ ਸਤਿਗੁਰੂ ਨੇ (ਹੋਰ) ਕਾਰੇ ਲਾਇਆ ਹੋਇਆ ਹੈ; ਜਿਨ੍ਹਾਂ ਦੇ ਮਨ ਵਿਚ ਪਿਆਰਾ ਗੁਰੂ ਵੱਸਦਾ ਹੈ, ਸਤਿਗੁਰੂ ਉਹਨਾਂ ਨੂੰ ਆਪਣਾ ਪਿਆਰ ਬਖ਼ਸ਼ਦਾ ਹੈ, ਸਤਿਗੁਰੂ ਦਾ ਆਪਣੇ ਸਿੱਖਾਂ ਮਿੱਤ੍ਰਾਂ ਪੁਤ੍ਰਾਂ ਤੇ ਭਰਾਵਾਂ ਨਾਲ ਇਕੋ ਜਿਹਾ ਪਿਆਰ ਹੁੰਦਾ ਹੈ । (ਹੇ ਸਿੱਖ ਸਹੇਲੀਓ!) ਸਾਰੀਆਂ 'ਗੁਰੂ, ਗੁਰੂ' ਆਖੋ, 'ਗੁਰੂ, ਗੁਰੂ' ਆਖਿਆਂ ਗੁਰੂ ਆਤਮਕ ਜੀਵਨ ਦੇ ਦੇਂਦਾ ਹੈ ।੧੪।

ਸਲੋਕੁ ਮਃ ੩ ॥ ਨਾਨਕ ਨਾਮੁ ਨ ਚੇਤਨੀ ਅਗਿਆਨੀ ਅੰਧੁਲੇ ਅਵਰੇ ਕਰਮ ਕਮਾਹਿ ॥ ਜਮ ਦਰਿ ਬਧੇ ਮਾਰੀਅਹਿ ਫਿਰਿ ਵਿਸਟਾ ਮਾਹਿ ਪਚਾਹਿ ॥੧॥ {ਪੰਨਾ 648}

ਅਰਥ:- ਹੇ ਨਾਨਕ! ਅੰਨ੍ਹੇ ਅਗਿਆਨੀ ਨਾਮ ਨਹੀਂ ਸਿਮਰਦੇ ਤੇ ਹੋਰ ਹੋਰ ਕੰਮ ਕਰਦੇ ਹਨ, (ਸਿੱਟਾ ਇਹ ਨਿਕਲਦਾ ਹੈ, ਕਿ) ਜਮ ਦੇ ਦਰ ਤੇ ਬੱਧੇ ਮਾਰ ਖਾਂਦੇ ਹਨ ਤੇ ਫਿਰ (ਵਿਕਾਰ-ਰੂਪ) ਵਿਸ਼ਟੇ ਵਿਚ ਸੜਦੇ ਹਨ ।੧।

ਮਃ ੩ ॥ ਨਾਨਕ ਸਤਿਗੁਰੁ ਸੇਵਹਿ ਆਪਣਾ ਸੇ ਜਨ ਸਚੇ ਪਰਵਾਣੁ ॥ ਹਰਿ ਕੈ ਨਾਇ ਸਮਾਇ ਰਹੇ ਚੂਕਾ ਆਵਣੁ ਜਾਣੁ ॥੨॥ {ਪੰਨਾ 648}

ਪਦਅਰਥ:- ਨਾਇ—ਨਾਮ ਵਿਚ ।

ਅਰਥ:- ਹੇ ਨਾਨਕ! ਜੋ ਮਨੁੱਖ ਆਪਣੇ ਸਤਿਗੁਰੂ ਦੀ ਦੱਸੀ ਕਾਰ ਕਰਦੇ ਹਨ ਉਹ ਮਨੁੱਖ ਸੱਚੇ ਤੇ ਕਬੂਲ ਹਨ; ਉਹ ਹਰੀ ਦੇ ਨਾਮ ਵਿਚ ਲੀਨ ਰਹਿੰਦੇ ਹਨ ਤੇ ਉਹਨਾਂ ਦਾ ਜੰਮਣਾ ਮਰਣਾ ਮੁੱਕ ਜਾਂਦਾ ਹੈ ।੨।

ਪਉੜੀ ॥ ਧਨੁ ਸੰਪੈ ਮਾਇਆ ਸੰਚੀਐ ਅੰਤੇ ਦੁਖਦਾਈ ॥ ਘਰ ਮੰਦਰ ਮਹਲ ਸਵਾਰੀਅਹਿ ਕਿਛੁ ਸਾਥਿ ਨ ਜਾਈ ॥ ਹਰ ਰੰਗੀ ਤੁਰੇ ਨਿਤ ਪਾਲੀਅਹਿ ਕਿਤੈ ਕਾਮਿ ਨ ਆਈ ॥ ਜਨ ਲਾਵਹੁ ਚਿਤੁ

ਹਰਿ ਨਾਮ ਸਿਉ ਅੰਤਿ ਹੋਇ ਸਖਾਈ ॥ ਜਨ ਨਾਨਕ ਨਾਮੁ ਧਿਆਇਆ ਗੁਰਮੁਖਿ ਸੁਖੁ ਪਾਈ ॥੧੫॥ {ਪੰਨਾ 648}

ਪਦਅਰਥ:- ਸੰਪੈ—ਦੌਲਤ । ਸੰਚੀਐ—ਇਕੱਠਾ ਕਰੀਦਾ ਹੈ । ਸਵਾਰੀਅਹਿ—ਬਣਾਈਦੇ ਹਨ । ਹਰ ਰੰਗੀ—ਹਰੇਕ ਕਿਸਮ ਦੇ ।

ਅਰਥ:- ਧਨ, ਦੌਲਤ ਤੇ ਮਾਇਆ ਇਕੱਠੀ ਕਰੀਦੀ ਹੈ, ਪਰ ਅਖ਼ੀਰ ਨੂੰ ਦੁਖਦਾਈ ਹੁੰਦੀ ਹੈ; ਘਰ, ਮੰਦਰ ਤੇ ਮਹਿਲ ਬਣਾਈਦੇ ਹਨ, ਪਰ ਕੁਝ ਨਾਲ ਨਹੀਂ ਜਾਂਦਾ; ਕਈ ਰੰਗਾਂ ਦੇ ਘੋੜੇ ਸਦਾ ਪਾਲੀਦੇ ਹਨ, ਪਰ ਕਿਸੇ ਕੰਮ ਨਹੀਂ ਆਉਂਦੇ । ਹੇ ਭਾਈ ਸੱਜਣੋ! ਹਰੀ ਦੇ ਨਾਮ ਨਾਲ ਚਿੱਤ ਜੋੜੋ, ਜੋ ਅਖ਼ੀਰ ਨੂੰ ਸਾਥੀ ਬਣੇ । ਹੇ ਦਾਸ ਨਾਨਕ! ਜੋ ਮਨੁੱਖ ਨਾਮ ਸਿਮਰਦਾ ਹੈ, ਉਹ ਸਤਿਗੁਰੂ ਦੇ ਸਨਮੁਖ ਰਹਿ ਕੇ ਸੁਖ ਪਾਂਦਾ ਹੈ ।੧੫।

ਸਲੋਕੁ ਮਃ ੩ ॥ ਬਿਨੁ ਕਰਮੈ ਨਾਉ ਨ ਪਾਈਐ ਪੂਰੈ ਕਰਮਿ ਪਾਇਆ ਜਾਇ ॥ ਨਾਨਕ ਨਦਰਿ ਕਰੇ ਜੇ ਆਪਣੀ ਤਾ ਗੁਰਮਤਿ ਮੇਲਿ ਮਿਲਾਇ ॥੧॥ {ਪੰਨਾ 648}

ਅਰਥ:- ਪੂਰੀ ਮੇਹਰ ਦੁਆਰਾ ਹਰੀ-ਨਾਮ ਲੱਭ ਸਕਦਾ ਹੈ, ਮੇਹਰ ਤੋਂ ਬਿਨਾ ਨਾਮ ਨਹੀਂ ਮਿਲਦਾ; ਹੇ ਨਾਨਕ! ਜੇ ਹਰੀ ਆਪਣੀ ਕ੍ਰਿਪਾ-ਦ੍ਰਿਸ਼ਟੀ ਕਰੇ, ਤਾਂ ਸਤਿਗੁਰੂ ਦੀ ਸਿੱਖਿਆ ਵਿਚ ਲੀਨ ਕਰ ਕੇ ਮਿਲਾ ਲੈਂਦਾ ਹੈ ।੧।

ਮਃ ੧ ॥ ਇਕ ਦਝਹਿ ਇਕ ਦਬੀਅਹਿ ਇਕਨਾ ਕੁਤੇ ਖਾਹਿ ॥ ਇਕਿ ਪਾਣੀ ਵਿਚਿ ਉਸਟੀਅਹਿ ਇਕਿ ਭੀ ਫਿਰਿ ਹਸਣਿ ਪਾਹਿ ॥ ਨਾਨਕ ਏਵ ਨ ਜਾਪਈ ਕਿਥੈ ਜਾਇ ਸਮਾਹਿ ॥੨॥ {ਪੰਨਾ 648}

ਪਦਅਰਥ:- ਦਝਹਿ—ਸਾੜੇ ਜਾਂਦੇ ਹਨ । ਉਸਟੀਅਹਿ—ਸੁੱਟੇ ਜਾਂਦੇ ਹਨ । ਹਸਣਿ—ਹੱਸਣ ਵਿਚ । ਹਸਣ—ਉਹ ਸੁੱਕਾ ਖੂਹ ਜਿਸ ਵਿਚ ਪਾਰਸੀ ਲੋਕ ਆਪਣੇ ਮੁਰਦੇ ਰੱਖ ਕੇ ਗਿਰਝਾਂ ਨੂੰ ਖੁਵਾ ਦੇਂਦੇ ਹਨ । ਏਵ—ਇਸ ਤਰ੍ਹਾਂ, (ਭਾਵ, ਸਾੜਨ ਦੱਬਣ ਆਦਿਕ ਨਾਲ) । ਨ ਜਾਪਈ—ਪਤਾ ਨਹੀਂ ਲੱਗਦਾ ।

ਅਰਥ:- (ਮਰਨ ਤੇ) ਕੋਈ ਸਾੜੇ ਜਾਂਦੇ ਹਨ, ਕੋਈ ਦੱਬੇ ਜਾਂਦੇ ਹਨ, ਇਕਨਾਂ ਨੂੰ ਕੁੱਤੇ ਖਾਂਦੇ ਹਨ, ਕੋਈ ਜਲ-ਪ੍ਰਵਾਹ ਕੀਤੇ ਜਾਂਦੇ ਹਨ ਤੇ ਕੋਈ ਸੁੱਕੇ ਖੂਹ ਵਿਚ ਰੱਖੇ ਜਾਂਦੇ ਹਨ । ਪਰ, ਹੇ ਨਾਨਕ! (ਸਰੀਰ ਦੇ) ਇਸ ਸਾੜਨ ਦੱਬਣ ਆਦਿਕ ਨਾਲ ਇਹ ਨਹੀਂ ਪਤਾ ਲੱਗ ਸਕਦਾ ਕਿ ਰੂਹਾਂ ਕਿੱਥੇ ਜਾ ਵੱਸਦੀਆਂ ਹਨ ।੨।

ਪਉੜੀ ॥ ਤਿਨ ਕਾ ਖਾਧਾ ਪੈਧਾ ਮਾਇਆ ਸਭੁ ਪਵਿਤੁ ਹੈ ਜੋ ਨਾਮਿ ਹਰਿ ਰਾਤੇ ॥ ਤਿਨ ਕੇ ਘਰ ਮੰਦਰ ਮਹਲ ਸਰਾਈ ਸਭਿ ਪਵਿਤੁ ਹਹਿ ਜਿਨੀ ਗੁਰਮੁਖਿ ਸੇਵਕ ਸਿਖ ਅਭਿਆਗਤ ਜਾਇ ਵਰਸਾਤੇ ॥ {ਪੰਨਾ 648}

ਅਰਥ:- ਜੋ ਮਨੁੱਖ ਹਰੀ ਦੇ ਨਾਮ ਵਿਚ ਰੰਗੇ ਹੋਏ ਹਨ, ਉਹਨਾਂ ਦਾ ਮਾਇਆ ਨੂੰ ਵਰਤਣਾ, ਖਾਣਾ ਪਹਿਨਣਾ ਸਭ ਕੁਝ ਪਵਿੱਤ੍ਰ ਹੈ; ਉਹਨਾਂ ਦੇ ਘਰ, ਮੰਦਰ, ਮਹਿਲ ਤੇ ਸਰਾਵਾਂ ਸਭ ਪਵਿੱਤ੍ਰ ਹਨ, ਜਿਨ੍ਹਾਂ ਵਿਚੋਂ ਗੁਰਮੁਖਿ ਸੇਵਕ ਸਿੱਖ ਤੇ ਅਭਿਆਗਤ ਜਾ ਕੇ ਸੁਖ ਲੈਂਦੇ ਹਨ ।

ਤਿਨ ਕੇ ਤੁਰੇ ਜੀਨ ਖੁਰਗੀਰ ਸਭਿ ਪਵਿਤੁ ਹਹਿ ਜਿਨੀ ਗੁਰਮੁਖਿ ਸਿਖ ਸਾਧ ਸੰਤ ਚੜਿ ਜਾਤੇ ॥ ਤਿਨ ਕੇ ਕਰਮ ਧਰਮ ਕਾਰਜ ਸਭਿ ਪਵਿਤੁ ਹਹਿ ਜੋ ਬੋਲਹਿ ਹਰਿ ਹਰਿ ਰਾਮ ਨਾਮੁ ਹਰਿ ਸਾਤੇ ॥ {ਪੰਨਾ 648}

ਪਦਅਰਥ:- ਖੁਰਗੀਰ—(ਫਾ: ਖ਼ੁ-ਗੀਰ) ਪਸੀਨਾ ਜਜ਼ਬ ਕਰਨ ਵਾਲਾ; ਤਾਹਰੂ ਜੋ ਜ਼ੀਨ ਦੇ ਹੇਠ ਪਾਈਦਾ ਹੈ । ਤੁਰੇ—ਘੋੜੇ । ਸਾਤੇ—ਸਤਿ, ਸਦਾ-ਥਿਰ ਰਹਿਣ ਵਾਲਾ ਹਰੀ ।

ਅਰਥ:- ਉਹਨਾਂ ਦੇ ਘੋੜੇ, ਜ਼ੀਨਾਂ, ਤਾਹਰੂ ਸਭ ਪਵਿੱਤ੍ਰ ਹਨ, ਜਿਨ੍ਹਾਂ ਉਤੇ ਗੁਰਮੁਖਿ ਸਿੱਖ ਸਾਧ ਸੰਤ ਚੜ੍ਹਦੇ ਹਨ; ਉਹਨਾਂ ਦੇ ਕੰਮ-ਕਾਜ ਸਭ ਪਵ੍ਰਿੱਤ ਹਨ, ਜੋ ਹਰ ਵੇਲੇ ਹਰੀ ਦਾ ਨਾਮ ਉਚਾਰਦੇ ਹਨ ।

ਜਿਨ ਕੈ ਪੋਤੈ ਪੁੰਨੁ ਹੈ ਸੇ ਗੁਰਮੁਖਿ ਸਿਖ ਗੁਰੂ ਪਹਿ ਜਾਤੇ ॥੧੬॥ {ਪੰਨਾ 648}

ਅਰਥ:- (ਪਹਿਲੇ ਕੀਤੇ ਕੰਮਾਂ ਦੇ ਅਨੁਸਾਰ) ਜਿਨ੍ਹਾਂ ਦੇ ਪੱਲੇ (ਭਲੇ ਸੰਸਕਾਰ-ਰੂਪ) ਪੁੰਨ ਹੈ, ਉਹ ਗੁਰਮੁਖ ਸਿੱਖ ਸਤਿਗੁਰੂ ਦੀ ਸ਼ਰਨ ਆਉਂਦੇ ਹਨ ।੧੬।

ਸਲੋਕੁ ਮਃ ੩ ॥ ਨਾਨਕ ਨਾਵਹੁ ਘੁਥਿਆ ਹਲਤੁ ਪਲਤੁ ਸਭੁ ਜਾਇ ॥ ਜਪੁ ਤਪੁ ਸੰਜਮੁ ਸਭੁ ਹਿਰਿ ਲਇਆ ਮੁਠੀ ਦੂਜੈ ਭਾਇ ॥ ਜਮ ਦਰਿ ਬਧੇ ਮਾਰੀਅਹਿ ਬਹੁਤੀ ਮਿਲੈ ਸਜਾਇ ॥੧॥ {ਪੰਨਾ 648}

ਪਦਅਰਥ:- ਹਿਰਿ ਲਇਆ—ਚੁਰਾਇਆ ਜਾਂਦਾ ਹੈ ।

ਅਰਥ:- ਹੇ ਨਾਨਕ! ਨਾਮ ਤੋਂ ਖੁੰਝਿਆਂ ਦਾ ਲੋਕ ਪਰਲੋਕ ਸਭ ਵਿਅਰਥ ਜਾਂਦਾ ਹੈ; ਉਹਨਾਂ ਦਾ ਜਪ ਤਪ ਤੇ ਸੰਜਮ ਸਭ ਖੁੱਸ ਜਾਂਦਾ ਹੈ, ਤੇ ਮਾਇਆ ਦੇ ਮੋਹ ਵਿਚ (ਉਹਨਾਂ ਦੀ ਮਤਿ) ਠੱਗੀ ਜਾਂਦੀ ਹੈ; ਜਮ ਦੁਆਰ ਤੇ ਬੱਧੇ ਮਾਰੀਦੇ ਹਨ ਤੇ ਬੜੀ ਸਜ਼ਾ (ਉਹਨਾਂ ਨੂੰ) ਮਿਲਦੀ ਹੈ ।

ਮਃ ੩ ॥ ਸੰਤਾ ਨਾਲਿ ਵੈਰੁ ਕਮਾਵਦੇ ਦੁਸਟਾ ਨਾਲਿ ਮੋਹੁ ਪਿਆਰੁ ॥ ਅਗੈ ਪਿਛੈ ਸੁਖੁ ਨਹੀ ਮਰਿ ਜੰਮਹਿ ਵਾਰੋ ਵਾਰ ॥ ਤ੍ਰਿਸਨਾ ਕਦੇ ਨ ਬੁਝਈ ਦੁਬਿਧਾ ਹੋਇ ਖੁਆਰੁ ॥ ਮੁਹ ਕਾਲੇ ਤਿਨਾ ਨਿੰਦਕਾ ਤਿਤੁ ਸਚੈ ਦਰਬਾਰਿ ॥ ਨਾਨਕ ਨਾਮ ਵਿਹੂਣਿਆ ਨਾ ਉਰਵਾਰਿ ਨ ਪਾਰਿ ॥੨॥ {ਪੰਨਾ 649}

ਪਦਅਰਥ:- ਉਰਵਾਰਿ—ਉਰਲੇ ਪਾਸੇ, ਇਸ ਲੋਕ ਵਿਚ ।

ਅਰਥ:- ਨਿੰਦਕ ਮਨੁੱਖ ਸੰਤ ਜਨਾਂ ਨਾਲ ਵੈਰ ਕਰਦੇ ਹਨ ਤੇ ਦੁਰਜਨਾਂ ਨਾਲ ਮੋਹ ਪਿਆਰ ਰੱਖਦੇ ਹਨ; ਉਹਨਾਂ ਨੂੰ ਲੋਕ ਪਰਲੋਕ ਵਿੱਚ ਕਿਤੇ ਸੁਖ ਨਹੀਂ ਮਿਲਦਾ, ਘੜੀ ਮੁੜੀ ਦੁਬਿਧਾ ਵਿਚ ਖ਼ੁਆਰ ਹੋ ਹੋ ਕੇ, ਜੰਮਦੇ ਮਰਦੇ ਹਨ; ਉਹਨਾਂ ਦੀ ਤ੍ਰਿਸ਼ਨਾ ਕਦੇ ਨਹੀਂ ਲਹਿੰਦੀ; ਹਰੀ ਦੇ ਸੱਚੇ ਦਰਬਾਰ ਵਿਚ ਉਹਨਾਂ ਨਿੰਦਕਾਂ ਦੇ ਮੂੰਹ ਕਾਲੇ ਹੁੰਦੇ ਹਨ । ਹੇ ਨਾਨਕ! ਨਾਮ ਤੋਂ ਸੱਖਣਿਆਂ ਨੂੰ ਨਾਹ ਇਸ ਲੋਕ ਵਿਚ ਤੇ ਨਾਹ ਪਰਲੋਕ ਵਿਚ (ਢੋਈ ਮਿਲਦੀ ਹੈ) ।੨।

ਪਉੜੀ ॥ ਜੋ ਹਰਿ ਨਾਮੁ ਧਿਆਇਦੇ ਸੇ ਹਰਿ ਹਰਿ ਨਾਮਿ ਰਤੇ ਮਨ ਮਾਹੀ ॥ ਜਿਨਾ ਮਨਿ ਚਿਤਿ ਇਕੁ ਅਰਾਧਿਆ ਤਿਨਾ ਇਕਸ ਬਿਨੁ ਦੂਜਾ ਕੋ ਨਾਹੀ ॥ {ਪੰਨਾ 649}

ਪਦਅਰਥ:- ਮਨਿ ਚਿਤਿ—ਮਨ ਨਾਲ ਤੇ ਚਿਤ ਨਾਲ, ਮਨੋਂ ਚਿਤੋਂ ਪੂਰੀ ਖਿੱਚ ਨਾਲ ।

ਅਰਥ:- ਜੋ ਮਨੁੱਖ ਹਰੀ ਦਾ ਨਾਮ ਸਿਮਰਦੇ ਹਨ, ਉਹ ਅੰਦਰੋਂ ਹਰੀ-ਨਾਮ ਵਿਚ ਰੰਗੇ ਜਾਂਦੇ ਹਨ; ਜਿਨ੍ਹਾਂ ਨੇ ਇਕਾਗ੍ਰ ਚਿੱਤ ਹੋ ਕੇ ਇਕ ਹਰੀ ਨੂੰ ਅਰਾਧਿਆ ਹੈ, ਉਹ ਉਸ ਤੋਂ ਬਿਨਾ ਕਿਸੇ ਹੋਰ ਨੂੰ ਨਹੀਂ ਜਾਣਦੇ ।

ਸੇਈ ਪੁਰਖ ਹਰਿ ਸੇਵਦੇ ਜਿਨ ਧੁਰਿ ਮਸਤਕਿ ਲੇਖੁ ਲਿਖਾਹੀ ॥ ਹਰਿ ਕੇ ਗੁਣ ਨਿਤ ਗਾਵਦੇ ਹਰਿ ਗੁਣ ਗਾਇ ਗੁਣੀ ਸਮਝਾਹੀ ॥ ਵਡਿਆਈ ਵਡੀ ਗੁਰਮੁਖਾ ਗੁਰ ਪੂਰੈ ਹਰਿ ਨਾਮਿ ਸਮਾਹੀ ॥੧੭॥ {ਪੰਨਾ 649}

ਪਦਅਰਥ:- ਮਸਤਕਿ—ਮੱਥੇ ਤੇ । ਗੁਣੀ—ਗੁਣਾਂ ਵਾਲਾ ਪ੍ਰਭੂ । ਨਾਮਿ—ਨਾਮ ਵਿਚ ।

ਅਰਥ:- (ਪਿਛਲੇ ਕੀਤੇ ਕੰਮਾਂ ਅਨੁਸਾਰ) ਮੁੱਢ ਤੋਂ ਜਿਨ੍ਹਾਂ ਦੇ ਮੱਥੇ ਤੇ (ਸੰਸਕਾਰ-ਰੂਪ) ਲੇਖ ਉੱਕਰਿਆ ਹੋਇਆ ਹੈ, ਉਹ ਮਨੁੱਖ ਹਰੀ ਨੂੰ ਜਪਦੇ ਹਨ; ਉਹ ਸਦਾ ਹਰੀ ਦੇ ਗੁਣ ਗਾਉਂਦੇ ਹਨ, ਗੁਣ ਗਾ ਕੇ ਗੁਣਾਂ ਦੇ ਮਾਲਕ ਹਰੀ ਦੀ (ਹੋਰਨਾਂ ਨੂੰ) ਸਿੱਖਿਆ ਦੇਂਦੇ ਹਨ । ਗੁਰਮੁਖਾਂ ਵਿਚ ਇਹ ਵੱਡਾ ਗੁਣ ਹੈ ਕਿ ਪੂਰੇ ਸਤਿਗੁਰੂ ਦੀ ਰਾਹੀਂ ਹਰੀ ਦੇ ਨਾਮ ਵਿਚ ਲੀਨ ਹੁੰਦੇ ਹਨ ।੧੭।

ਸਲੋਕੁ ਮਃ ੩ ॥ ਸਤਿਗੁਰ ਕੀ ਸੇਵਾ ਗਾਖੜੀ ਸਿਰੁ ਦੀਜੈ ਆਪੁ ਗਵਾਇ ॥ ਸਬਦਿ ਮਰਹਿ ਫਿਰਿ ਨਾ ਮਰਹਿ ਤਾ ਸੇਵਾ ਪਵੈ ਸਭ ਥਾਇ ॥ {ਪੰਨਾ 649}

ਅਰਥ:- ਸਤਿਗੁਰੂ ਦੇ ਹੁਕਮ ਵਿਚ ਤੁਰਨਾ ਬੜੀ ਔਖੀ ਕਾਰ ਹੈ, ਸਿਰ ਦੇਣਾ ਪੈਂਦਾ ਹੈ, ਤੇ ਆਪਾ ਗਵਾ ਕੇ (ਸੇਵਾ ਹੁੰਦੀ ਹੈ); ਜੋ ਮਨੁੱਖ ਸਤਿਗੁਰੂ ਦੀ ਸਿੱਖਿਆ ਦੁਆਰਾ (ਸੰਸਾਰ ਵਲੋਂ) ਮਰਦੇ ਹਨ, ਉਹ ਫਿਰ ਜਨਮ ਮਰਨ ਵਿਚ ਨਹੀਂ ਰਹਿੰਦੇ, ਉਹਨਾਂ ਦੀ ਸਾਰੀ ਸੇਵਾ ਕਬੂਲ ਪੈ ਜਾਂਦੀ ਹੈ ।

ਪਾਰਸ ਪਰਸਿਐ ਪਾਰਸੁ ਹੋਵੈ ਸਚਿ ਰਹੈ ਲਿਵ ਲਾਇ ॥ ਜਿਸੁ ਪੂਰਬਿ ਹੋਵੈ ਲਿਖਿਆ ਤਿਸੁ ਸਤਿਗੁਰੁ ਮਿਲੈ ਪ੍ਰਭੁ ਆਇ ॥ {ਪੰਨਾ 649}

ਅਰਥ:- ਜੋ ਮਨੁੱਖ ਸੱਚੇ ਨਾਮ ਵਿਚ ਬ੍ਰਿਤੀ ਜੋੜੀ ਰੱਖਦਾ ਹੈ ਉਹ (ਮਾਨੋ) ਪਾਰਸ ਨੂੰ ਛੋਹ ਕੇ ਪਾਰਸ ਹੀ ਹੋ ਜਾਂਦਾ ਹੈ; ਜਿਸ ਦੇ ਹਿਰਦੇ ਵਿਚ ਮੁੱਢ ਤੋਂ (ਸੰਸਕਾਰ-ਰੂਪ) ਲੇਖ ਉੱਕਰਿਆ ਹੋਵੇ, ਉਸ ਨੂੰ ਸਤਿਗੁਰੂ ਤੇ ਪ੍ਰਭੂ ਮਿਲਦਾ ਹੈ ।

ਨਾਨਕ ਗਣਤੈ ਸੇਵਕੁ ਨਾ ਮਿਲੈ ਜਿਸੁ ਬਖਸੇ ਸੋ ਪਵੈ ਥਾਇ ॥੧॥ {ਪੰਨਾ 649}

ਪਦਅਰਥ:- ਗਣਤੈ—ਚੰਗੇ ਕੀਤੇ ਕੰਮਾਂ ਦੇ ਲੇਖੇ ਕੀਤਿਆਂ ।

ਅਰਥ:- ਹੇ ਨਾਨਕ! ਲੇਖੈ ਕੀਤਿਆਂ ਸੇਵਕ (ਹਰੀ ਨੂੰ) ਨਹੀਂ ਮਿਲ ਸਕਦਾ, ਜਿਸ ਨੂੰ ਹਰੀ ਬਖ਼ਸ਼ਦਾ ਹੈ, ਉਹੀ ਕਬੂਲ ਪੈਂਦਾ ਹੈ ।੧।

ਮਃ ੩ ॥ ਮਹਲੁ ਕੁਮਹਲੁ ਨ ਜਾਣਨੀ ਮੂਰਖ ਅਪਣੈ ਸੁਆਇ ॥ ਸਬਦੁ ਚੀਨਹਿ ਤਾ ਮਹਲੁ ਲਹਹਿ ਜੋਤੀ ਜੋਤਿ ਸਮਾਇ ॥ {ਪੰਨਾ 649}

ਪਦਅਰਥ:- ਸੁਆਇ—ਸੁਆਰਥ ਦੇ ਕਾਰਨ । ਸੁਆਉ—ਸੁਅਰਥ ।

ਅਰਥ:- ਮੂਰਖ ਆਪਣੀ ਗ਼ਰਜ਼ ਦੇ ਕਾਰਨ ਥਾਂ ਕੁਥਾਂ ਨਹੀਂ ਜਾਣਦੇ, (ਕਿ ਕਿੱਥੇ ਗ਼ਰਜ਼ ਪੂਰੀ ਹੋ ਸਕਦੀ ਹੈ) ਜੇ ਸਤਿਗੁਰੂ ਦੇ ਸ਼ਬਦ ਨੂੰ ਖੋਜਣ ਤਾਂ ਹਰੀ ਦੀ ਜੋਤਿ ਵਿਚ ਬ੍ਰਿਤੀ ਜੋੜ ਕੇ (ਹਰੀ ਦੀ ਹਜ਼ੂਰੀ-ਰੂਪ ਅਸਲ) ਟਿਕਾਣਾ ਲੱਭ ਲੈਣ ।

ਸਦਾ ਸਚੇ ਕਾ ਭਉ ਮਨਿ ਵਸੈ ਤਾ ਸਭਾ ਸੋਝੀ ਪਾਇ ॥ ਸਤਿਗੁਰੁ ਅਪਣੈ ਘਰਿ ਵਰਤਦਾ ਆਪੇ ਲਏ ਮਿਲਾਇ ॥ {ਪੰਨਾ 649}

ਪਦਅਰਥ:- ਅਪਣੈ ਘਰਿ—ਆਪਣੇ ਸਰੂਪ ਵਿਚ, ਪ੍ਰਭੂ-ਚਰਨਾਂ ਵਿਚ ।

ਅਰਥ:- ਜੇ ਸੱਚੇ ਹਰੀ ਦਾ ਡਰ (ਭਾਵ, ਅਦਬ) ਸਦਾ ਮਨ ਵਿਚ ਟਿਕਿਆ ਰਹੇ, ਤਾਂ ਇਹ ਸਾਰੀ ਸਮਝ ਪੈ ਜਾਂਦੀ ਹੈ ਕਿ ਸਤਿਗੁਰੂ, ਜੋ ਸਦਾ ਆਪਣੇ ਸਰੂਪ ਵਿਚ ਟਿਕਿਆ ਰਹਿੰਦਾ ਹੈ, ਆਪ ਹੀ ਸੇਵਕ ਨੂੰ ਮਿਲਾ ਲੈਂਦਾ ਹੈ ।

ਨਾਨਕ ਸਤਿਗੁਰਿ ਮਿਲਿਐ ਸਭ ਪੂਰੀ ਪਈ ਜਿਸ ਨੋ ਕਿਰਪਾ ਕਰੇ ਰਜਾਇ ॥੨॥ {ਪੰਨਾ 649}

ਅਰਥ:- ਹੇ ਨਾਨਕ! ਜਿਸ ਮਨੁੱਖ ਤੇ ਆਪਣੀ ਰਜ਼ਾ ਵਿਚ ਪ੍ਰਭੂ ਮੇਹਰ ਕਰੇ, ਉਸ ਨੂੰ ਸਤਿਗੁਰੂ ਮਿਲਿਆਂ ਪੂਰਨ ਸਫਲਤਾ ਹੁੰਦੀ ਹੈ ।੨।

ਪਉੜੀ ॥ ਧੰਨੁ ਧਨੁ ਭਾਗ ਤਿਨਾ ਭਗਤ ਜਨਾ ਜੋ ਹਰਿ ਨਾਮਾ ਹਰਿ ਮੁਖਿ ਕਹਤਿਆ ॥ ਧਨੁ ਧਨੁ ਭਾਗ ਤਿਨਾ ਸੰਤ ਜਨਾ ਜੋ ਹਰਿ ਜਸੁ ਸ੍ਰਵਣੀ ਸੁਣਤਿਆ ॥ {ਪੰਨਾ 649}

ਅਰਥ:- ਉਹਨਾਂ ਭਗਤਾਂ ਦੇ ਵੱਡੇ ਭਾਗ ਹਨ, ਜੋ ਮੂੰਹੋਂ ਹਰੀ ਦਾ ਨਾਮ ਉਚਾਰਦੇ ਹਨ; ਉਹਨਾਂ ਸੰਤਾਂ ਦੇ ਵੱਡੇ ਭਾਗ ਹਨ, ਜੋ ਹਰੀ ਦਾ ਜਸ ਕੰਨੀਂ ਸੁਣਦੇ ਹਨ ।

ਧਨੁ ਧਨੁ ਭਾਗ ਤਿਨਾ ਸਾਧ ਜਨਾ ਹਰਿ ਕੀਰਤਨੁ ਗਾਇ ਗੁਣੀ ਜਨ ਬਣਤਿਆ ॥ ਧਨੁ ਧਨੁ ਭਾਗ ਤਿਨਾ ਗੁਰਮੁਖਾ ਜੋ ਗੁਰਸਿਖ ਲੈ ਮਨੁ ਜਿਣਤਿਆ ॥ {ਪੰਨਾ 649}

ਅਰਥ:- ਉਹਨਾਂ ਸਾਧ ਜਨਾਂ ਦੇ ਧੰਨ ਭਾਗ ਹਨ, ਜੋ ਹਰੀ ਦਾ ਕੀਰਤਨ ਕਰ ਕੇ ਆਪ ਗੁਣਾਂ ਵਾਲੇ ਬਣਦੇ ਹਨ; ਉਹਨਾਂ ਗੁਰਮੁਖਾਂ ਦੇ ਵੱਡੇ ਭਾਗ ਹਨ ਜੋ ਸਤਿਗੁਰੂ ਦੀ ਸਿੱਖਿਆ ਲੈ ਕੇ ਆਪਣੇ ਮਨ ਨੂੰ ਜਿੱਤਦੇ ਹਨ ।

ਸਭ ਦੂ ਵਡੇ ਭਾਗ ਗੁਰਸਿਖਾ ਕੇ ਜੋ ਗੁਰ ਚਰਣੀ ਸਿਖ ਪੜਤਿਆ ॥੧੮॥ {ਪੰਨਾ 649}

ਨੋਟ:- ਇਸ ਪਉੜੀ ਵਿਚ ਦੱਸਿਆ ਹੈ ਕਿ ਅਸਲ ਭਾਗਾਂ ਵਾਲੇ ਉਹ ਮਨੁੱਖ ਹਨ ਜੋ ਆਪਣੀ ਸਿਆਣਪ ਚਤੁਰਾਈ ਛੱਡ ਕੇ ਗੁਰੂ ਦੇ ਦੱਸੇ ਰਾਹ ਤੇ ਤੁਰਦੇ ਹਨ ।

ਅਰਥ:- ਸਭ ਤੋਂ ਵੱਡੇ ਭਾਗ ਉਹਨਾਂ ਗੁਰਸਿੱਖਾਂ ਦੇ ਹਨ, ਜੋ ਸਤਿਗੁਰੂ ਦੀ ਚਰਨੀਂ ਪੈਂਦੇ ਹਨ (ਭਾਵ, ਜੋ ਆਪਾ ਮਿਟਾ ਕੇ ਗੁਰੂ ਦੀ ਓਟ ਲੈਂਦੇ ਹਨ) ।

ਸਲੋਕੁ ਮਃ ੩ ॥ ਬ੍ਰਹਮੁ ਬਿੰਦੈ ਤਿਸ ਦਾ ਬ੍ਰਹਮਤੁ ਰਹੈ ਏਕ ਸਬਦਿ ਲਿਵ ਲਾਇ ॥ ਨਵ ਨਿਧੀ ਅਠਾਰਹ ਸਿਧੀ ਪਿਛੈ ਲਗੀਆ ਫਿਰਹਿ ਜੋ ਹਰਿ ਹਿਰਦੈ ਸਦਾ ਵਸਾਇ ॥ {ਪੰਨਾ 649}

ਪਦਅਰਥ:- ਬਿੰਦੈ—ਜਾਣਦਾ ਹੈ । ਬ੍ਰਹਮੁ—ਪਰਮਾਤਮਾ । ਬ੍ਰਹਮਤੁ—ਬ੍ਰਾਹਮਣ ਵਾਲਾ ਲੱਛਣ । ਏਕ ਸਬਦਿ—ਕੇਵਲ ਸ਼ਬਦ ਵਿਚ ।

ਅਰਥ:- ਜੋ ਮਨੁੱਖ ਕੇਵਲ ਗੁਰ-ਸ਼ਬਦ ਵਿਚ ਬ੍ਰਿਤੀ ਜੋੜ ਕੇ ਬ੍ਰਹਮ ਨੂੰ ਪਛਾਣੇ, ਉਸ ਦਾ ਬ੍ਰਹਮਣ-ਪੁਣਾ ਬਣਿਆ ਰਹਿੰਦਾ ਹੈ; ਜੋ ਮਨੁੱਖ ਹਰੀ ਨੂੰ ਹਿਰਦੇ ਵਿਚ ਵਸਾਏ, ਨੌ ਨਿਧੀਆਂ ਤੇ ਅਠਾਰਹ ਸਿੱਧੀਆਂ ਉਸ ਦੇ ਮਗਰ ਲੱਗੀਆਂ ਫਿਰਦੀਆਂ ਹਨ ।

ਬਿਨੁ ਸਤਿਗੁਰ ਨਾਉ ਨ ਪਾਈਐ ਬੁਝਹੁ ਕਰਿ ਵੀਚਾਰੁ ॥ ਨਾਨਕ ਪੂਰੈ ਭਾਗਿ ਸਤਿਗੁਰੁ ਮਿਲੈ ਸੁਖੁ ਪਾਏ ਜੁਗ ਚਾਰਿ ॥੧॥ {ਪੰਨਾ 649}

ਪਦਅਰਥ:- ਕਰਿ—ਕਰ ਕੇ ।

ਅਰਥ:- ਵਿਚਾਰ ਕਰ ਕੇ ਸਮਝੋ, ਸਤਿਗੁਰੂ ਤੋਂ ਬਿਨਾ ਨਾਮ ਨਹੀਂ ਮਿਲਦਾ, ਹੇ ਨਾਨਕ! ਪੂਰੇ ਭਾਗਾਂ ਨਾਲ ਜਿਸ ਨੂੰ ਸਤਿਗੁਰੂ ਮਿਲੇ ਉਹ ਚਹੁੰਆਂ ਜੁਗਾਂ ਵਿਚ (ਭਾਵ, ਸਦਾ) ਸੁਖ ਪਾਂਦਾ ਹੈ ।੧।

ਮਃ ੩ ॥ ਕਿਆ ਗਭਰੂ ਕਿਆ ਬਿਰਧਿ ਹੈ ਮਨਮੁਖ ਤ੍ਰਿਸਨਾ ਭੁਖ ਨ ਜਾਇ ॥ ਗੁਰਮੁਖਿ ਸਬਦੇ ਰਤਿਆ ਸੀਤਲੁ ਹੋਏ ਆਪੁ ਗਵਾਇ ॥ {ਪੰਨਾ 649}

ਪਦਅਰਥ:- ਸੀਤਲੁ—ਠੰਡੇ, ਸ਼ਾਂਤ, ਸੰਤੋਖੀ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਗੁਰਮੁਖਿ—ਗੁਰੂ ਦੇ ਹੁਕਮ ਵਿਚ ਤੁਰਨ ਵਾਲਾ ਮਨੁੱਖ ।

ਅਰਥ:- ਜਵਾਨ ਹੋਵੇ ਭਾਵੇਂ ਬੁੱਢਾ—ਮਨਮੁਖ ਦੀ ਤ੍ਰਿਸ਼ਨਾ ਭੁੱਖ ਦੂਰ ਨਹੀਂ ਹੁੰਦੀ, ਸਤਿਗੁਰੂ ਦੇ ਸਨਮੁਖ ਹੋਏ ਮਨੁੱਖ ਸ਼ਬਦ ਵਿਚ ਰੱਤੇ ਹੋਣ ਕਰ ਕੇ ਤੇ ਅਹੰਕਾਰ ਗਵਾ ਕੇ ਅੰਦਰੋਂ ਸੰਤੋਖੀ ਹੁੰਦੇ ਹਨ ।

ਅੰਦਰੁ ਤ੍ਰਿਪਤਿ ਸੰਤੋਖਿਆ ਫਿਰਿ ਭੁਖ ਨ ਲਗੈ ਆਇ ॥ ਨਾਨਕ ਜਿ ਗੁਰਮੁਖਿ ਕਰਹਿ ਸੋ ਪਰਵਾਣੁ ਹੈ ਜੋ ਨਾਮਿ ਰਹੇ ਲਿਵ ਲਾਇ ॥੨॥ {ਪੰਨਾ 649-650}

ਪਦਅਰਥ:- ਤ੍ਰਿਪਤਿ—ਰੱਜ, ਰਜੇਵਾਂ । ਜਿ—ਜੋ ਕੁਝ ।

ਅਰਥ:- (ਉਹਨਾਂ ਦਾ) ਹਿਰਦਾ ਤ੍ਰਿਪਤੀ ਦੇ ਕਾਰਨ ਸੰਤੋਖੀ ਹੁੰਦਾ ਹੈ, ਤੇ ਫਿਰ (ਉਹਨਾਂ ਨੂੰ ਮਾਇਆ ਦੀ) ਭੁੱਖ ਨਹੀਂ ਲੱਗਦੀ । ਹੇ ਨਾਨਕ! ਗੁਰਮੁਖ ਮਨੁੱਖ ਜੋ ਕੁਝ ਕਰਦੇ ਹਨ, ਉਹ ਕਬੂਲ ਹੁੰਦਾ ਹੈ, ਕਿਉਂਕਿ ਉਹ ਨਾਮ ਵਿਚ ਬ੍ਰਿਤੀ ਜੋੜੀ ਰੱਖਦੇ ਹਨ ।੨।

ਪਉੜੀ ॥ ਹਉ ਬਲਿਹਾਰੀ ਤਿੰਨ ਕੰਉ ਜੋ ਗੁਰਮੁਖਿ ਸਿਖਾ ॥ ਜੋ ਹਰਿ ਨਾਮੁ ਧਿਆਇਦੇ ਤਿਨ ਦਰਸਨੁ ਪਿਖਾ ॥ ਸੁਣਿ ਕੀਰਤਨੁ ਹਰਿ ਗੁਣ ਰਵਾ ਹਰਿ ਜਸੁ ਮਨਿ ਲਿਖਾ ॥ ਹਰਿ ਨਾਮੁ ਸਲਾਹੀ ਰੰਗ ਸਿਉ ਸਭਿ ਕਿਲਵਿਖ ਕ੍ਰਿਖਾ ॥ ਧਨੁ ਧੰਨੁ ਸੁਹਾਵਾ ਸੋ ਸਰੀਰੁ ਥਾਨੁ ਹੈ ਜਿਥੈ ਮੇਰਾ ਗੁਰੁ ਧਰੇ ਵਿਖਾ ॥੧੯॥ {ਪੰਨਾ 650}

ਪਦਅਰਥ:- ਰਵਾ—ਉਚਾਰਾਂ । ਕਿਲਵਿਖ—ਪਾਪ । ਕ੍ਰਿਖਾ—ਨਾਸ ਕਰ ਦਿਆਂ । ਵਿਖਾ—ਕਦਮ, ਪੈਰ ।

ਅਰਥ:- ਜੋ ਸਿੱਖ ਸਤਿਗੁਰੂ ਦੇ ਸਨਮੁਖ ਹਨ, ਮੈਂ ਉਹਨਾਂ ਤੋਂ ਸਦਕੇ ਹਾਂ । ਜੋ ਹਰੀ-ਨਾਮ ਸਿਮਰਦੇ ਹਨ (ਜੀ

ਚਾਹੁੰਦਾ ਹੈ) ਮੈਂ ਉਹਨਾਂ ਦਾ ਦਰਸ਼ਨ ਕਰਾਂ, (ਉਹਨਾਂ ਪਾਸੋਂ) ਕੀਰਤਨ ਸੁਣ ਕੇ ਹਰੀ ਦੇ ਗੁਣ ਗਾਵਾਂ ਤੇ ਹਰੀ-ਜਸ ਮਨ ਵਿਚ ਉੱਕਰ ਲਵਾਂ, ਪ੍ਰੇਮ ਨਾਲ ਹਰੀ-ਨਾਮ ਦੀ ਸਿਫ਼ਤਿ ਕਰਾਂ ਤੇ (ਆਪਣੇ) ਸਾਰੇ ਪਾਪ ਕੱਟ ਦਿਆਂ । ਉਹ ਸਰੀਰ-ਥਾਂ ਧੰਨ ਹੈ, ਸੁੰਦਰ ਹੈ ਜਿਥੇ ਪਿਆਰਾ ਸਤਿਗੁਰੂ ਪੈਰ ਰੱਖਦਾ ਹੈ (ਭਾਵ, ਆ ਵੱਸਦਾ ਹੈ) ।੧੯।

ਸਲੋਕੁ ਮਃ ੩ ॥ ਗੁਰ ਬਿਨੁ ਗਿਆਨੁ ਨ ਹੋਵਈ ਨਾ ਸੁਖੁ ਵਸੈ ਮਨਿ ਆਇ ॥ ਨਾਨਕ ਨਾਮ ਵਿਹੂਣੇ ਮਨਮੁਖੀ ਜਾਸਨਿ ਜਨਮੁ ਗਵਾਇ ॥੧॥ {ਪੰਨਾ 650}

ਪਦਅਰਥ:- ਗਿਆਨੁ—ਆਤਮਕ ਜੀਵਨ ਦੀ ਸੂਝ ।

ਅਰਥ:- ਸਤਿਗੁਰੂ ਤੋਂ ਬਿਨਾ ਨਾਹ ਆਤਮਕ ਜੀਵਨ ਦੀ ਸਮਝ ਪੈਂਦੀ ਹੈ ਤੇ ਨਾਹ ਹੀ ਸੁਖ ਮਨ ਵਿਚ ਵੱਸਦਾ ਹੈ; (ਗੁਰੂ ਤੋਂ ਬਿਨਾ) ਹੇ ਨਾਨਕ! ਨਾਮ ਤੋਂ ਸੱਖਣੇ (ਰਹਿ ਕੇ) ਮਨਮੁਖ ਮਨੁੱਖਾ-ਜਨਮ ਵਿਅਰਥ ਗਵਾ ਜਾਣਗੇ ।੧।

ਮਃ ੩ ॥ ਸਿਧ ਸਾਧਿਕ ਨਾਵੈ ਨੋ ਸਭਿ ਖੋਜਦੇ ਥਕਿ ਰਹੇ ਲਿਵ ਲਾਇ ॥ ਬਿਨੁ ਸਤਿਗੁਰ ਕਿਨੈ ਨ ਪਾਇਓ ਗੁਰਮੁਖਿ ਮਿਲੈ ਮਿਲਾਇ ॥ {ਪੰਨਾ 650}

ਪਦਅਰਥ:- ਸਿਧ—ਸਾਧਨਾ ਵਿਚ ਪੁੱਗੇ ਹੋਏ ਜੋਗੀ । ਸਾਧਿਕ—ਅਭਿਆਸੀ ।

ਅਰਥ:- ਸਾਰੇ ਸਿੱਧ ਤੇ ਸਾਧਿਕ ਨਾਮ ਨੂੰ ਹੀ ਖੋਜਦੇ ਬ੍ਰਿਤੀ ਜੋੜ ਜੋੜ ਕੇ ਥੱਕ ਗਏ ਹਨ; ਸਤਿਗੁਰੂ ਤੋਂ ਬਿਨਾ ਕਿਸੇ ਨੂੰ ਨਹੀਂ ਲੱਭਾ । ਸਤਿਗੁਰੂ ਦੇ ਸਨਮੁਖ ਹੋਇਆ ਮਨੁੱਖ ਹੀ ਮਿਲਾਇਆ ਹੋਇਆ (ਪ੍ਰਭੂ ਨੂੰ) ਮਿਲਦਾ ਹੈ ।

ਬਿਨੁ ਨਾਵੈ ਪੈਨਣੁ ਖਾਣੁ ਸਭੁ ਬਾਦਿ ਹੈ ਧਿਗੁ ਸਿਧੀ ਧਿਗੁ ਕਰਮਾਤਿ ॥ ਸਾ ਸਿਧਿ ਸਾ ਕਰਮਾਤਿ ਹੈ ਅਚਿੰਤੁ ਕਰੇ ਜਿਸੁ ਦਾਤਿ ॥ ਨਾਨਕ ਗੁਰਮੁਖਿ ਹਰਿ ਨਾਮੁ ਮਨਿ ਵਸੈ ਏਹਾ ਸਿਧਿ ਏਹਾ ਕਰਮਾਤਿ ॥੨॥ {ਪੰਨਾ 650}

ਪਦਅਰਥ:- ਬਾਦਿ—ਵਿਅਰਥ । ਅਚਿੰਤੁ—ਚਿੰਤਾ-ਰਹਿਤ ਪਰਮਾਤਮਾ । ਗੁਰਮੁਖਿ—ਗੁਰੂ ਵਲ ਮੂੰਹ ਕਰ ਕੇ, ਗੁਰੂ ਦੀ ਸਰਨ ਪੈ ਕੇ।

ਅਰਥ:- ਨਾਮ ਤੋਂ ਬਿਨਾ ਖਾਣਾ ਤੇ ਪਹਿਨਣਾ ਸਭ ਵਿਅਰਥ ਹੈ, (ਜੇ ਨਾਮ ਨਹੀਂ ਤਾਂ) ਉਹ ਸਿੱਧੀ ਤੇ ਕਰਾਮਾਤਿ ਫਿਟਕਾਰ-ਜੋਗ ਹੈ; ਇਹੀ (ਉਸ ਦੀ) ਸਿੱਧੀ ਹੈ ਤੇ ਇਹੀ ਕਰਾਮਾਤ ਹੈ ਕਿ ਚਿੰਤਾ ਤੋਂ ਰਹਿਤ ਹਰੀ ਉਸ ਨੂੰ (ਨਾਮ ਦੀ) ਦਾਤਿ ਬਖ਼ਸ਼ੇ; ਹੇ ਨਾਨਕ! "ਗੁਰੂ ਦੇ ਸਨਮੁਖ ਹੋ ਕੇ ਹਰੀ ਦਾ ਨਾਮ ਮਨ ਵਿਚ ਵੱਸਦਾ ਹੈ"—ਇਹੀ ਸਿੱਧੀ ਤੇ ਕਰਾਮਾਤ ਹੁੰਦੀ ਹੈ ।੨।

ਪਉੜੀ ॥ ਹਮ ਢਾਢੀ ਹਰਿ ਪ੍ਰਭ ਖਸਮ ਕੇ ਨਿਤ ਗਾਵਹ ਹਰਿ ਗੁਣ ਛੰਤਾ ॥ ਹਰਿ ਕੀਰਤਨੁ ਕਰਹ ਹਰਿ ਜਸੁ ਸੁਣਹ ਤਿਸੁ ਕਵਲਾ ਕੰਤਾ ॥ {ਪੰਨਾ 650}

ਪਦਅਰਥ:- ਕਵਲਾ—ਮਾਇਆ, ਲੱਛਮੀ । ਕੰਤ—ਖਸਮ । ਕਵਲਾਕੰਤ—ਮਾਇਆ ਦਾ ਪਤੀ ।

ਅਰਥ:- ਅਸੀ ਪ੍ਰਭੂ-ਖਸਮ ਦੇ ਢਾਢੀ ਸਦਾ ਪ੍ਰਭੂ ਦੇ ਗੁਣਾਂ ਦੇ ਗੀਤ ਗਾਂਦੇ ਹਾਂ; ਉਸ ਕਮਲਾਪਤੀ ਪ੍ਰਭੂ ਦਾ ਹੀ

ਕੀਰਤਨ ਕਰਦੇ ਹਾਂ ਤੇ ਜਸ ਸੁਣਦੇ ਹਾਂ ।

ਹਰਿ ਦਾਤਾ ਸਭੁ ਜਗਤੁ ਭਿਖਾਰੀਆ ਮੰਗਤ ਜਨ ਜੰਤਾ ॥ ਹਰਿ ਦੇਵਹੁ ਦਾਨੁ ਦਇਆਲ ਹੋਇ ਵਿਚਿ ਪਾਥਰ ਕ੍ਰਿਮ ਜੰਤਾ ॥ {ਪੰਨਾ 650}

ਅਰਥ:- ਪ੍ਰਭੂ ਦਾਤਾ ਹੈ, ਸਾਰਾ ਸੰਸਾਰ ਭਿਖਾਰੀ ਹੈ, ਜੀਵ ਜੰਤ ਮੰਗਤੇ ਹਨ । ਪੱਥਰਾਂ ਵਿਚਲੇ ਕੀੜਿਆਂ ਨੂੰ ਭੀ ਦਿਆਲ ਹੋ ਕੇ, ਹੇ ਹਰੀ! ਤੂੰ ਦਾਨ ਦੇਂਦਾ ਹੈਂ ।

ਜਨ ਨਾਨਕ ਨਾਮੁ ਧਿਆਇਆ ਗੁਰਮੁਖਿ ਧਨਵੰਤਾ ॥੨੦॥ {ਪੰਨਾ 650}

ਅਰਥ:- ਹੇ ਦਾਸ ਨਾਨਕ! ਜਿਨ੍ਹਾਂ ਨੇ ਸਤਿਗੁਰੂ ਦੇ ਸਨਮੁਖ ਹੋ ਕੇ ਨਾਮ ਸਿਮਰਿਆ ਹੈ, ਉਹ (ਅਸਲ) ਧਨੀ ਹੁੰਦੇ ਹਨ ।੨੦।

ਸਲੋਕੁ ਮਃ ੩ ॥ ਪੜਣਾ ਗੁੜਣਾ ਸੰਸਾਰ ਕੀ ਕਾਰ ਹੈ ਅੰਦਰਿ ਤ੍ਰਿਸਨਾ ਵਿਕਾਰੁ ॥ ਹਉਮੈ ਵਿਚਿ ਸਭਿ ਪੜਿ ਥਕੇ ਦੂਜੈ ਭਾਇ ਖੁਆਰੁ ॥ {ਪੰਨਾ 650}

ਅਰਥ:- ਪੜ੍ਹਨਾ ਤੇ ਵਿਚਾਰਨਾ ਸੰਸਾਰ ਦਾ ਕੰਮ (ਹੀ ਹੋ ਗਿਆ) ਹੈ (ਭਾਵ, ਹੋਰ ਵਿਹਾਰਾਂ ਵਾਂਗ ਇਹ ਭੀ ਇਕ ਵਿਹਾਰ ਹੀ ਬਣ ਗਿਆ ਹੈ, ਪਰ) ਹਿਰਦੇ ਵਿਚ ਤ੍ਰਿਸ਼ਨਾ ਤੇ ਵਿਕਾਰ (ਟਿਕੇ ਹੀ ਰਹਿੰਦੇ) ਹਨ; ਅਹੰਕਾਰ ਵਿਚ ਸਾਰੇ (ਪੰਡਿਤ) ਪੜ੍ਹ ਪੜ੍ਹ ਕੇ ਥੱਕ ਗਏ ਹਨ, ਮਾਇਆ ਦੇ ਮੋਹ ਵਿਚ ਖ਼ੁਆਰ ਹੀ ਹੁੰਦੇ ਹਨ ।

ਸੋ ਪੜਿਆ ਸੋ ਪੰਡਿਤੁ ਬੀਨਾ ਗੁਰ ਸਬਦਿ ਕਰੇ ਵੀਚਾਰੁ ॥ ਅੰਦਰੁ ਖੋਜੈ ਤਤੁ ਲਹੈ ਪਾਏ ਮੋਖ ਦੁਆਰੁ ॥ ਗੁਣ ਨਿਧਾਨੁ ਹਰਿ ਪਾਇਆ ਸਹਜਿ ਕਰੇ ਵੀਚਾਰੁ ॥ ਧੰਨੁ ਵਾਪਾਰੀ ਨਾਨਕਾ ਜਿਸੁ ਗੁਰਮੁਖਿ ਨਾਮੁ ਅਧਾਰੁ ॥੧॥ {ਪੰਨਾ 650}

ਪਦਅਰਥ:- ਬੀਨਾ—ਸੁਜਾਖਾ, ਸਿਆਣਾ । ਅੰਦਰੁ—ਮਨ {ਲਫ਼ਜ਼ 'ਅੰਦਰੁ' ਅਤੇ 'ਅੰਦਰਿ' ਦਾ ਫ਼ਰਕ ਚੇਤੇ ਰੱਖੋ} । ਤਤੁ—ਅਸਲੀਅਤ । ਮੋਖ ਦੁਆਰੁ—ਮੁਕਤੀ ਦਾ ਦਰਵਾਜ਼ਾ । ਅਧਾਰੁ—ਆਸਰਾ । ਮੋਖ—(ਹਉਮੈ ਤ੍ਰਿਸ਼ਨਾ ਆਦਿਕ ਵਿਕਾਰਾਂ ਤੋਂ) ਖ਼ਲਾਸੀ । ਸਹਜਿ—ਆਤਮਕ ਅਡੋਲਤਾ ਵਿਚ । ਵੀਚਾਰੁ—ਪਰਮਾਤਮਾ ਦੇ ਗੁਣਾਂ ਦੀ ਵਿਚਾਰ । ਗੁਰਮੁਖਿ—ਗੁਰੂ ਦੇ ਸਨਮੁਖ ਮਨੁੱਖ ।

ਅਰਥ:- ਉਹ ਮਨੁੱਖ ਪੜ੍ਹਿਆ ਹੋਇਆ ਤੇ ਸਿਆਣਾ ਪੰਡਿਤ ਹੈ (ਭਾਵ, ਉਸ ਮਨੁੱਖ ਨੂੰ ਪੰਡਿਤ ਸਮਝੋ), ਜੋ ਸਤਿਗੁਰੂ ਦੇ ਸ਼ਬਦ ਵਿਚ ਵਿਚਾਰ ਕਰਦਾ ਹੈ, ਜੋ ਆਪਣੇ ਮਨ ਨੂੰ ਖੋਜਦਾ ਹੈ (ਅੰਦਰੋਂ) ਹਰੀ ਨੂੰ ਲੱਭ ਲੈਂਦਾ ਹੈ ਤੇ (ਤ੍ਰਿਸ਼ਨਾ ਤੋਂ) ਬਚਣ ਲਈ ਰਸਤਾ ਲਭ ਲੈਂਦਾ ਹੈ, ਜੋ ਗੁਣਾਂ ਦੇ ਖ਼ਜ਼ਾਨੇ ਹਰੀ ਨੂੰ ਪ੍ਰਾਪਤ ਕਰਦਾ ਹੈ ਤੇ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਗੁਣਾਂ ਵਿਚ ਸੁਰਤਿ ਜੋੜੀ ਰੱਖਦਾ ਹੈ । ਹੇ ਨਾਨਕ! ਇਸ ਤਰ੍ਹਾਂ ਸਤਿਗੁਰੂ ਦੇ ਸਨਮੁਖ ਹੋਏ ਜਿਸ ਮਨੁੱਖ ਨੂੰ 'ਨਾਮ' ਆਸਰਾ (ਰੂਪ) ਹੈ, ਉਸ ਨਾਮ ਦਾ ਵਾਪਾਰੀ ਮੁਬਾਰਿਕ ਹੈ ।੧।

ਮਃ ੩ ॥ ਵਿਣੁ ਮਨੁ ਮਾਰੇ ਕੋਇ ਨ ਸਿਝਈ ਵੇਖਹੁ ਕੋ ਲਿਵ ਲਾਇ ॥ ਭੇਖਧਾਰੀ ਤੀਰਥੀ ਭਵਿ ਥਕੇ ਨਾ ਏਹੁ ਮਨੁ ਮਾਰਿਆ ਜਾਇ ॥ {ਪੰਨਾ 650}

ਅਰਥ:- ਤੁਸੀਂ ਕੋਈ ਭੀ ਮਨੁੱਖ ਬ੍ਰਿਤੀ ਜੋੜ ਕੇ ਵੇਖ ਲਵੋ, ਮਨ ਨੂੰ ਕਾਬੂ ਕਰਨ ਤੋਂ ਬਿਨਾਂ ਕੋਈ ਨਹੀਂ ਸਿੱਝਿਆ (ਭਾਵ, ਕਿਸੇ ਦੀ ਘਾਲਿ ਥਾਇ ਨਹੀਂ ਪਈ); ਭੇਖ ਕਰਨ ਵਾਲੇ (ਸਾਧੂ ਭੀ) ਤੀਰਥਾਂ ਦੀ ਯਾਤ੍ਰਾ ਕਰ ਕੇ ਰਹਿ ਗਏ ਹਨ, (ਇਸ ਤਰ੍ਹਾਂ) ਇਹ ਮਨ ਮਾਰਿਆ ਨਹੀਂ ਜਾਂਦਾ ।

ਗੁਰਮੁਖਿ ਏਹੁ ਮਨੁ ਜੀਵਤੁ ਮਰੈ ਸਚਿ ਰਹੈ ਲਿਵ ਲਾਇ ॥ ਨਾਨਕ ਇਸੁ ਮਨ ਕੀ ਮਲੁ ਇਉ ਉਤਰੈ ਹਉਮੈ ਸਬਦਿ ਜਲਾਇ ॥੨॥ {ਪੰਨਾ 650}

ਅਰਥ:- ਸਤਿਗੁਰੂ ਦੇ ਸਨਮੁਖ ਹੋਇਆਂ ਮਨੁੱਖ ਸੱਚੇ ਹਰੀ ਵਿਚ ਬ੍ਰਿਤੀ ਜੋੜੀ ਰੱਖਦਾ ਹੈ (ਇਸ ਕਰਕੇ) ਉਸ ਦਾ ਮਨ ਜੀਊਂਦਾ ਹੀ ਮੋਇਆ ਹੋਇਆ ਹੈ (ਭਾਵ, ਮਾਇਆ ਵਿਚ ਵਰਤਦਿਆਂ ਭੀ ਮਾਇਆ ਤੋਂ ਉਦਾਸ ਹੈ) । ਹੇ ਨਾਨਕ! ਇਸ ਮਨ ਦੀ ਮੈਲ ਇਸ ਤਰ੍ਹਾਂ ਉਤਰਦੀ ਹੈ ਕਿ (ਮਨ ਦੀ) ਹਉਮੈ (ਸਤਿਗੁਰੂ ਦੇ) ਸ਼ਬਦ ਨਾਲ ਸਾੜੀ ਜਾਏ ।੨।

ਪਉੜੀ ॥ ਹਰਿ ਹਰਿ ਸੰਤ ਮਿਲਹੁ ਮੇਰੇ ਭਾਈ ਹਰਿ ਨਾਮੁ ਦ੍ਰਿੜਾਵਹੁ ਇਕ ਕਿਨਕਾ ॥ ਹਰਿ ਹਰਿ ਸੀਗਾਰੁ ਬਨਾਵਹੁ ਹਰਿ ਜਨ ਹਰਿ ਕਾਪੜੁ ਪਹਿਰਹੁ ਖਿਮ ਕਾ ॥ ਐਸਾ ਸੀਗਾਰੁ ਮੇਰੇ ਪ੍ਰਭ ਭਾਵੈ ਹਰਿ ਲਾਗੈ ਪਿਆਰਾ ਪ੍ਰਿਮ ਕਾ ॥ ਹਰਿ ਹਰਿ ਨਾਮੁ ਬੋਲਹੁ ਦਿਨੁ ਰਾਤੀ ਸਭਿ ਕਿਲਬਿਖ ਕਾਟੈ ਇਕ ਪਲਕਾ ॥ ਹਰਿ ਹਰਿ ਦਇਆਲੁ ਹੋਵੈ ਜਿਸੁ ਉਪਰਿ ਸੋ ਗੁਰਮੁਖਿ ਹਰਿ ਜਪਿ ਜਿਣਕਾ ॥੨੧॥ {ਪੰਨਾ 650}

ਪਦਅਰਥ:- ਕਿਨਕਾ—ਕਿਣਕਾ ਮਾਤ੍ਰ, ਥੋੜਾ ਜਿਤਨਾ ਹੀ । ਕਾਪੜੁ—ਕੱਪੜਾ, ਪੁਸ਼ਾਕ । ਖਿਮ—ਖਿਮਾ । ਪ੍ਰਿਮ ਕਾ—ਪ੍ਰੇਮ ਦਾ (ਸਿੰਗਾਰ) । ਕਿਲਬਿਖ—ਪਾਪ । ਜਿਣਕਾ—ਜਿੱਤ ਜਾਂਦਾ ਹੈ ।

ਅਰਥ:- ਹੇ ਮੇਰੇ ਭਾਈ ਸੰਤ ਜਨੋਂ! ਇਕ ਕਿਣਕਾ ਮਾਤ੍ਰ (ਮੈਨੂੰ ਭੀ) ਹਰੀ ਦਾ ਨਾਮ ਜਪਾਵੋ । ਹੇ ਹਰੀ ਜਨੋਂ! ਹਰੀ ਦੇ ਨਾਮ ਦਾ ਸਿੰਗਾਰ ਬਣਾਵੋ, ਤੇ ਖਿਮਾ ਦੀ ਪੁਸ਼ਾਕ ਪਹਿਨੋ, ਇਹੋ ਜਿਹਾ ਸ਼ਿੰਗਾਰ ਪਿਆਰੇ ਹਰੀ ਨੂੰ ਚੰਗਾ ਲੱਗਦਾ ਹੈ, ਹਰੀ ਨੂੰ ਪ੍ਰੇਮ ਦਾ ਸ਼ਿੰਗਾਰ ਪਿਆਰਾ ਲੱਗਦਾ ਹੈ । ਦਿਨ ਰਾਤ ਹਰੀ ਦਾ ਨਾਮ ਸਿਮਰੋ, ਇਕ ਪਲਕ ਵਿਚ ਸਾਰੇ ਪਾਪ ਕੱਟ ਦੇਵੇਗਾ । ਜਿਸ ਗੁਰਮੁਖ ਉਤੇ ਹਰੀ ਦਇਆਲ ਹੁੰਦਾ ਹੈ, ਉਹ ਹਰੀ ਦਾ ਸਿਮਰਨ ਕਰ ਕੇ (ਸੰਸਾਰ ਤੋਂ) ਜਿੱਤ (ਕੇ) ਜਾਂਦਾ ਹੈ ।੨੧।

ਸਲੋਕੁ ਮਃ ੩ ॥ ਜਨਮ ਜਨਮ ਕੀ ਇਸੁ ਮਨ ਕਉ ਮਲੁ ਲਾਗੀ ਕਾਲਾ ਹੋਆ ਸਿਆਹੁ ॥ ਖੰਨਲੀ ਧੋਤੀ ਉਜਲੀ ਨ ਹੋਵਈ ਜੇ ਸਉ ਧੋਵਣਿ ਪਾਹੁ ॥ {ਪੰਨਾ 651}

ਪਦਅਰਥ:- ਖੰਨਲੀ—ਤੇਲੀ ਦੀ ਕੋਹਲੂ ਵਿਚ ਫੇਰਨ ਵਾਲੀ ਲੀਰ । ਧੋਵਣਿ ਪਾਹੁ—ਧੋਣ ਦਾ ਜਤਨ ਕਰੋ ।

ਅਰਥ:- ਕਈ ਜਨਮਾਂ ਦੀ ਇਸ ਮਨ ਨੂੰ ਮੈਲ ਲੱਗੀ ਹੋਈ ਹੈ ਜਿਸ ਕਰਕੇ ਇਹ ਬਹੁਤ ਹੀ ਕਾਲਾ ਹੋਇਆ ਪਿਆ ਹੈ (ਚਿੱਟਾ ਨਹੀਂ ਹੋ ਸਕਦਾ), ਜਿਵੇਂ ਤੇਲੀ ਦੀ ਲੀਰ ਧੋਤਿਆਂ ਚਿੱਟੀ ਨਹੀਂ ਹੁੰਦੀ, ਭਾਵੇਂ ਸੌ ਵਾਰੀ ਧੋਣ ਦਾ ਜਤਨ ਕਰੋ ।

ਗੁਰ ਪਰਸਾਦੀ ਜੀਵਤੁ ਮਰੈ ਉਲਟੀ ਹੋਵੈ ਮਤਿ ਬਦਲਾਹੁ ॥ ਨਾਨਕ ਮੈਲੁ ਨ ਲਗਈ ਨਾ ਫਿਰਿ ਜੋਨੀ ਪਾਹੁ ॥੧॥ {ਪੰਨਾ 651}

ਅਰਥ:- ਹੇ ਨਾਨਕ! ਜੇ ਗੁਰੂ ਦੀ ਕਿਰਪਾ ਨਾਲ ਮਨ ਜੀਊਂਦਾ ਹੀ ਮਰੇ ਤੇ ਮਤਿ ਬਦਲ ਕੇ (ਮਾਇਆ ਵਲੋਂ) ਉਲਟ ਹੋ ਜਾਏ, ਤਾਂ ਮੈਲ ਭੀ ਨਹੀਂ ਲੱਗਦੀ ਤੇ ਫਿਰ ਜੂਨਾਂ ਵਿਚ ਭੀ ਨਹੀਂ ਪੈਂਦਾ ।੧।

ਮਃ ੩ ॥ ਚਹੁ ਜੁਗੀ ਕਲਿ ਕਾਲੀ ਕਾਂਢੀ ਇਕ ਉਤਮ ਪਦਵੀ ਇਸੁ ਜੁਗ ਮਾਹਿ ॥ {ਪੰਨਾ 651}

ਅਰਥ:- ਚਹੁੰ ਜੁਗਾਂ ਵਿਚ ਕਲਜੁਗ ਹੀ ਕਾਲਾ ਆਖੀਦਾ ਹੈ, ਪਰ ਇਸ ਜੁਗ ਵਿਚ ਭੀ ਇਕ ਉੱਤਮ ਪਦਵੀ (ਮਿਲ ਸਕਦੀ) ਹੈ ।

ਗੁਰਮੁਖਿ ਹਰਿ ਕੀਰਤਿ ਫਲੁ ਪਾਈਐ ਜਿਨ ਕਉ ਹਰਿ ਲਿਖਿ ਪਾਹਿ ॥ ਨਾਨਕ ਗੁਰ ਪਰਸਾਦੀ ਅਨਦਿਨੁ ਭਗਤਿ ਹਰਿ ਉਚਰਹਿ ਹਰਿ ਭਗਤੀ ਮਾਹਿ ਸਮਾਹਿ ॥੨॥ {ਪੰਨਾ 651}

ਪਦ ਅਰਥ:- ਕੀਰਤਿ—ਸਿਫ਼ਤਿ-ਸਾਲਾਹ । ਲਿਖਿ—ਲਿਖ ਕੇ । ਅਨਦਿਨੁ—ਹਰ ਰੋਜ਼ ।

ਅਰਥ:- (ਉਹ ਪਦਵੀ ਇਹ ਹੈ ਕਿ) ਜਿਨ੍ਹਾਂ ਦੇ ਹਿਰਦੇ ਵਿਚ ਹਰੀ (ਭਗਤੀ-ਰੂਪ ਲੇਖ ਪਿਛਲੀ ਕੀਤੀ ਕਮਾਈ ਅਨੁਸਾਰ) ਲਿਖ ਦੇਂਦਾ ਹੈ ਉਹ ਗੁਰਮੁਖ ਹਰੀ ਦੀ ਸਿਫ਼ਤਿ (-ਰੂਪ) ਫਲ (ਇਸੇ ਜੁਗ ਵਿਚ) ਪ੍ਰਾਪਤ ਕਰਦੇ ਹਨ, ਤੇ ਹੇ ਨਾਨਕ! ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਹਰ ਰੋਜ਼ ਹਰੀ ਦੀ ਭਗਤੀ ਕਰਦੇ ਹਨ ਤੇ ਭਗਤੀ ਵਿਚ ਹੀ ਲੀਨ ਹੋ ਜਾਂਦੇ ਹਨ ।੨।

ਪਉੜੀ ॥ ਹਰਿ ਹਰਿ ਮੇਲਿ ਸਾਧ ਜਨ ਸੰਗਤਿ ਮੁਖਿ ਬੋਲੀ ਹਰਿ ਹਰਿ ਭਲੀ ਬਾਣਿ ॥ ਹਰਿ ਗੁਣ ਗਾਵਾ ਹਰਿ ਨਿਤ ਚਵਾ ਗੁਰਮਤੀ ਹਰਿ ਰੰਗੁ ਸਦਾ ਮਾਣਿ ॥ ਹਰਿ ਜਪਿ ਜਪਿ ਅਉਖਧ ਖਾਧਿਆ ਸਭਿ ਰੋਗ ਗਵਾਤੇ ਦੁਖਾ ਘਾਣਿ ॥ {ਪੰਨਾ 651}

ਪਦਅਰਥ:- ਮੁਖਿ—ਮੂੰਹੋਂ । ਚਵਾ—ਉਚਾਰਾਂ ।

ਅਰਥ:- ਹੇ ਹਰੀ! ਮੈਨੂੰ ਸਾਧ ਜਨਾਂ ਦੀ ਸੰਗਤ ਮਿਲਾ, ਮੈਂ ਮੂੰਹੋਂ ਤੇਰੇ ਨਾਮ ਦੀ ਸੁੰਦਰ ਬੋਲੀ ਬੋਲਾਂ; ਹਰੀ-ਗੁਣ ਗਾਵਾਂ ਤੇ ਨਿੱਤ ਹਰੀ-ਨਾਮ ਉਚਾਰਾਂ ਤੇ ਗੁਰੂ ਦੀ ਮੱਤ ਲੈ ਕੇ ਸਦਾ ਹਰੀ-ਰੰਗ ਮਾਣਾਂ । ਹਰੀ ਦਾ ਭਜਨ ਕਰ ਕੇ ਤੇ (ਭਜਨ-ਰੂਪ) ਦਵਾਈ ਖਾਧਿਆਂ ਸਾਰੇ ਦੁੱਖ ਰੋਗ ਦੂਰ ਹੋ ਜਾਂਦੇ ਹਨ ।

ਜਿਨਾ ਸਾਸਿ ਗਿਰਾਸਿ ਨ ਵਿਸਰੈ ਸੇ ਹਰਿ ਜਨ ਪੂਰੇ ਸਹੀ ਜਾਣਿ ॥ ਜੋ ਗੁਰਮੁਖਿ ਹਰਿ ਆਰਾਧਦੇ ਤਿਨ ਚੂਕੀ ਜਮ ਕੀ ਜਗਤ ਕਾਣਿ ॥੨੨॥ {ਪੰਨਾ 651}

ਅਰਥ:- ਉਹਨਾਂ ਹਰੀ ਜਨਾਂ ਨੂੰ ਸਚ-ਮੁੱਚ ਪੂਰੇ ਸਮਝੋ, ਜਿਨ੍ਹਾਂ ਨੂੰ ਸਾਹ ਲੈਂਦਿਆਂ ਤੇ ਖਾਂਦਿਆਂ (ਕਦੇ ਭੀ) ਪਰਮਾਤਮਾ ਨਹੀਂ ਵਿਸਰਦਾ; ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੋ ਕੇ ਹਰੀ ਨੂੰ ਸਿਮਰਦੇ ਹਨ, ਉਹਨਾਂ ਲਈ ਜਮ ਦੀ ਤੇ ਜਗਤ ਦੀ ਮੁਥਾਜੀ ਮੁੱਕ ਜਾਂਦੀ ਹੈ ।੨੨।

ਸਲੋਕੁ ਮਃ ੩ ॥ ਰੇ ਜਨ ਉਥਾਰੈ ਦਬਿਓਹੁ ਸੁਤਿਆ ਗਈ ਵਿਹਾਇ ॥ ਸਤਿਗੁਰ ਕਾ ਸਬਦੁ ਸੁਣਿ ਨ ਜਾਗਿਓ ਅੰਤਰਿ ਨ ਉਪਜਿਓ ਚਾਉ ॥ {ਪੰਨਾ 651}

ਪਦਅਰਥ:- ਉਥਾਰੈ—(ਸਿੰਧੀ—ਉਥਾੜੋ) ਦਿਲ ਉਤੇ ਦਬਾਉ ਜੋ ਕਈ ਵਾਰੀ ਸੁੱਤੇ ਪਿਆਂ ਹੱਥ ਛਾਤੀ ਉਤੇ ਆਇਆਂ ਪੈ ਜਾਂਦਾ ਹੈ ।

ਅਰਥ:- (ਮੋਹ-ਰੂਪ) ਉਥਾਰੇ ਦੇ ਦੱਬੇ ਹੋਏ ਹੇ ਭਾਈ! (ਤੇਰੀ ਉਮਰ) ਸੁੱਤਿਆਂ ਹੀ ਗੁਜ਼ਰ ਗਈ ਹੈ; ਸਤਿਗੁਰੂ ਦਾ ਸ਼ਬਦ ਸੁਣ ਕੇ ਤੈਨੂੰ ਜਾਗ ਨਹੀਂ ਆਈ ਤੇ ਨਾ ਹੀ ਹਿਰਦੇ ਵਿਚ (ਨਾਮ ਜਪਣ ਦਾ) ਚਾਉ ਉਪਜਿਆ ਹੈ ।

ਸਰੀਰੁ ਜਲਉ ਗੁਣ ਬਾਹਰਾ ਜੋ ਗੁਰ ਕਾਰ ਨ ਕਮਾਇ ॥ ਜਗਤੁ ਜਲੰਦਾ ਡਿਠੁ ਮੈ ਹਉਮੈ ਦੂਜੈ ਭਾਇ ॥ ਨਾਨਕ ਗੁਰ ਸਰਣਾਈ ਉਬਰੇ ਸਚੁ ਮਨਿ ਸਬਦਿ ਧਿਆਇ ॥੧॥ {ਪੰਨਾ 651}

ਪਦਅਰਥ:- ਜਲਉ—ਸੜ ਜਾਏ । ਉਬਰੇ—(ਹਉਮੈ ਵਿਚ ਸੜਨ ਤੋਂ) ਬਚ ਗਏ ।

ਅਰਥ:- ਗੁਣਾਂ ਤੋਂ ਸੱਖਣਾ ਸਰੀਰ ਸੜ ਜਾਏ ਜੋ ਸਤਿਗੁਰੂ ਦੀ (ਦੱਸੀ ਹੋਈ) ਕਾਰ ਨਹੀਂ ਕਰਦਾ; (ਇਸ ਤਰ੍ਹਾਂ ਦਾ) ਸੰਸਾਰ ਮੈਂ ਹਉਮੈ ਵਿਚ ਤੇ ਮਾਇਆ ਦੇ ਮੋਹ ਵਿਚ ਸੜਦਾ ਵੇਖਿਆ ਹੈ । ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਸੱਚੇ ਹਰੀ ਨੂੰ ਮਨ ਵਿਚ ਸਿਮਰ ਕੇ (ਜੀਵ) ਸਤਿਗੁਰੂ ਦੀ ਸ਼ਰਨ ਪੈ ਕੇ (ਇਸ ਹਉਮੈ ਵਿਚ ਸੜਨ ਤੋਂ) ਬਚਦੇ ਹਨ ।੧।

ਮਃ ੩ ॥ ਸਬਦਿ ਰਤੇ ਹਉਮੈ ਗਈ ਸੋਭਾਵੰਤੀ ਨਾਰਿ ॥ ਪਿਰ ਕੈ ਭਾਣੈ ਸਦਾ ਚਲੈ ਤਾ ਬਨਿਆ ਸੀਗਾਰੁ ॥ {ਪੰਨਾ 651}

ਅਰਥ:- ਜਿਸ ਦੀ ਹਉਮੈ ਸਤਿਗੁਰੂ ਦੇ ਸ਼ਬਦ ਵਿਚ ਰੰਗੇ ਜਾਣ ਨਾਲ ਦੂਰ ਹੋ ਜਾਂਦੀ ਹੈ ਉਹ (ਜੀਵ-ਰੂਪੀ) ਨਾਰੀ ਸੋਭਾਵੰਤੀ ਹੈ; ਉਹ ਨਾਰੀ ਆਪਣੇ ਪ੍ਰਭੂ-ਪਤੀ ਦੇ ਹੁਕਮ ਵਿਚ ਸਦਾ ਤੁਰਦੀ ਹੈ, ਇਸੇ ਕਰਕੇ ਉਸ ਦਾ ਸ਼ਿੰਗਾਰ ਸਫਲ ਸਮਝੋ ।

ਸੇਜ ਸੁਹਾਵੀ ਸਦਾ ਪਿਰੁ ਰਾਵੈ ਹਰਿ ਵਰੁ ਪਾਇਆ ਨਾਰਿ ॥ ਨਾ ਹਰਿ ਮਰੈ ਨ ਕਦੇ ਦੁਖੁ ਲਾਗੈ ਸਦਾ ਸੁਹਾਗਣਿ ਨਾਰਿ ॥ ਨਾਨਕ ਹਰਿ ਪ੍ਰਭ ਮੇਲਿ ਲਈ ਗੁਰ ਕੈ ਹੇਤਿ ਪਿਆਰਿ ॥੨॥ {ਪੰਨਾ 651}

ਅਰਥ:- ਜਿਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਲੱਭ ਲਿਆ ਹੈ, ਉਸ ਦੀ (ਹਿਰਦੇ-ਰੂਪ) ਸੇਜ ਸੁੰਦਰ ਹੈ, ਕਿਉਂਕਿ ਉਸ ਨੂੰ ਪਤੀ ਸਦਾ ਮਿਲਿਆ ਹੋਇਆ ਹੈ, ਉਹ ਇਸਤ੍ਰੀ ਸਦਾ ਸੁਹਾਗ ਵਾਲੀ ਹੈ ਕਿਉਂਕਿ ਉਸ ਦਾ ਪਤੀ ਪ੍ਰਭੂ ਕਦੇ ਮਰਦਾ ਨਹੀਂ, (ਇਸ ਲਈ) ਉਹ ਕਦੇ ਦੁਖੀ ਨਹੀਂ ਹੁੰਦੀ । ਹੇ ਨਾਨਕ! ਗੁਰੂ ਦੇ ਪਿਆਰ ਵਿਚ ਉਸ ਦੀ ਬ੍ਰਿਤੀ ਹੋਣ ਕਰਕੇ ਪ੍ਰਭੂ ਨੇ ਆਪਣੇ ਨਾਲ ਮਿਲਾਇਆ ਹੈ ।੨।

ਪਉੜੀ ॥ ਜਿਨਾ ਗੁਰੁ ਗੋਪਿਆ ਆਪਣਾ ਤੇ ਨਰ ਬੁਰਿਆਰੀ ॥ ਹਰਿ ਜੀਉ ਤਿਨ ਕਾ ਦਰਸਨੁ ਨਾ ਕਰਹੁ ਪਾਪਿਸਟ ਹਤਿਆਰੀ ॥ ਓਹਿ ਘਰਿ ਘਰਿ ਫਿਰਹਿ ਕੁਸੁਧ ਮਨਿ ਜਿਉ ਧਰਕਟ ਨਾਰੀ ॥

ਪਦਅਰਥ:- ਗੋਪਿਆ—ਨਿੰਦਾ ਕੀਤੀ ਹੈ । ਆਪਣਾ—ਪਿਆਰਾ । ਹਰਿ ਜੀਉ—ਸ਼ਾਲਾ! ਰੱਬ ਮਿਹਰ ਕਰੇ । ਪਾਪਿਸਟ—ਬਹੁਤ ਪਾਪੀ । ਕੁਸੁਧ—ਖੋਟੇ । ਧਰਕਟ—ਵਿਭਚਾਰਨ ।

ਅਰਥ:- ਜੋ ਮਨੁੱਖ ਪਿਆਰੇ ਸਤਿਗੁਰੂ ਦੀ ਨਿੰਦਾ ਕਰਦੇ ਹਨ, ਉਹ ਬਹੁਤ ਭੈੜੇ ਹਨ, ਰੱਬ ਮਿਹਰ ਹੀ ਕਰੇ! ਹੇ ਭਾਈ! ਉਨ੍ਹਾਂ ਦਾ ਦਰਸ਼ਨ ਨਾਹ ਕਰੋ, ਉਹ ਬੜੇ ਪਾਪੀ ਤੇ ਹੱਤਿਆਰੇ ਹਨ; ਮਨੋਂ ਖੋਟੇ ਉਹ ਆਦਮੀ ਵਿਭਚਾਰਨ ਇਸਤ੍ਰੀ ਵਾਂਗ ਘਰ ਘਰ ਫਿਰਦੇ ਹਨ ।

ਵਡਭਾਗੀ ਸੰਗਤਿ ਮਿਲੇ ਗੁਰਮੁਖਿ ਸਵਾਰੀ ॥ ਹਰਿ ਮੇਲਹੁ ਸਤਿਗੁਰ ਦਇਆ ਕਰਿ ਗੁਰ ਕਉ ਬਲਿਹਾਰੀ ॥੨੩॥ {ਪੰਨਾ 651}

ਅਰਥ:- ਵਡਭਾਗੀ ਮਨੁੱਖ ਸਤਿਗੁਰੂ ਦੀ ਨਿਵਾਜੀ ਹੋਈ ਗੁਰਮੁਖਾਂ ਦੀ ਸੰਗਤ ਵਿਚ ਮਿਲਦੇ ਹਨ । ਹੇ ਹਰੀ! ਮੈਂ ਸਦਕੇ ਹਾਂ ਸਤਿਗੁਰੂ ਤੋਂ, ਮੇਹਰ ਕਰ ਤੇ ਸਤਿਗੁਰੂ ਨੂੰ ਮਿਲਾ ।੨੩।

ਸਲੋਕੁ ਮਃ ੩ ॥ ਗੁਰ ਸੇਵਾ ਤੇ ਸੁਖੁ ਊਪਜੈ ਫਿਰਿ ਦੁਖੁ ਨ ਲਗੈ ਆਇ ॥ ਜੰਮਣੁ ਮਰਣਾ ਮਿਟਿ ਗਇਆ ਕਾਲੈ ਕਾ ਕਿਛੁ ਨ ਬਸਾਇ ॥ ਹਰਿ ਸੇਤੀ ਮਨੁ ਰਵਿ ਰਹਿਆ ਸਚੇ ਰਹਿਆ ਸਮਾਇ ॥ {ਪੰਨਾ 651}

ਅਰਥ:- ਸਤਿਗੁਰੂ ਦੀ ਸੇਵਾ ਤੋਂ (ਮਨੁੱਖ) ਨੂੰ ਸੁਖ ਪ੍ਰਾਪਤ ਹੁੰਦਾ ਹੈ, ਫਿਰ ਕਦੇ ਕਲੇਸ਼ ਨਹੀਂ ਹੁੰਦਾ, ਉਸ ਦਾ ਜਨਮ ਮਰਨ ਮੁੱਕ ਜਾਂਦਾ ਹੈ ਤੇ ਜਮਕਾਲ ਦਾ ਕੁਝ ਵੱਸ ਨਹੀਂ ਚੱਲਦਾ; ਹਰੀ ਨਾਲ ਉਸ ਦਾ ਮਨ ਮਿਲਿਆ ਰਹਿੰਦਾ ਹੈ ਤੇ ਉਹ ਸੱਚੇ ਵਿਚ ਸਮਾਇਆ ਰਹਿੰਦਾ ਹੈ ।

ਨਾਨਕ ਹਉ ਬਲਿਹਾਰੀ ਤਿੰਨ ਕਉ ਜੋ ਚਲਨਿ ਸਤਿਗੁਰ ਭਾਇ ॥੧॥ {ਪੰਨਾ 651}

ਅਰਥ:- ਹੇ ਨਾਨਕ! ਮੈਂ ਉਹਨਾਂ ਤੋਂ ਸਦਕੇ ਹਾਂ, ਜੋ ਸਤਿਗੁਰੂ ਦੇ ਪਿਆਰ ਵਿਚ ਤੁਰਦੇ ਹਨ ।੧।

ਮਃ ੩ ॥ ਬਿਨੁ ਸਬਦੈ ਸੁਧੁ ਨ ਹੋਵਈ ਜੇ ਅਨੇਕ ਕਰੈ ਸੀਗਾਰ ॥ ਪਿਰ ਕੀ ਸਾਰ ਨ ਜਾਣਈ ਦੂਜੈ ਭਾਇ ਪਿਆਰੁ ॥ ਸਾ ਕੁਸੁਧ ਸਾ ਕੁਲਖਣੀ ਨਾਨਕ ਨਾਰੀ ਵਿਚਿ ਕੁਨਾਰਿ ॥੨॥ {ਪੰਨਾ 651-652}

ਪਦਅਰਥ:- ਸਾਰ—ਕਦਰ । ਦੂਜੈ ਭਾਇ—ਮਾਇਆ ਦੇ ਪਿਆਰ ਵਿਚ ।

ਅਰਥ:- ਸਤਿਗੁਰੂ ਦੇ ਸ਼ਬਦ ਤੋਂ ਬਿਨਾ (ਜੀਵ-ਇਸਤ੍ਰੀ) ਭਾਵੇਂ ਬਿਅੰਤ ਸ਼ਿੰਗਾਰ ਕਰੇ ਸੁੱਧ ਨਹੀਂ ਹੋ ਸਕਦੀ, (ਕਿਉਂਕਿ) ਉਹ ਪਤੀ ਦੀ ਕਦਰ ਨਹੀਂ ਜਾਣਦੀ ਤੇ ਉਸ ਦੀ ਮਾਇਆ ਦੇ ਵਿਚ ਸੁਰਤਿ ਹੁੰਦੀ ਹੈ । ਹੇ ਨਾਨਕ! ਇਹੋ ਜਹੀ ਇਸਤ੍ਰੀ ਮਨੋਂ ਖੋਟੀ ਤੇ ਭੈੜੇ ਲੱਛਣਾਂ ਵਾਲੀ ਹੁੰਦੀ ਹੈ ਤੇ ਨਾਰੀਆਂ ਵਿਚ ਉਹ ਭੈੜੀ ਨਾਰਿ (ਕਹਾਉਂਦੀ ਹੈ) ।੨।

ਪਉੜੀ ॥ ਹਰਿ ਹਰਿ ਅਪਣੀ ਦਇਆ ਕਰਿ ਹਰਿ ਬੋਲੀ ਬੈਣੀ ॥ ਹਰਿ ਨਾਮੁ ਧਿਆਈ ਹਰਿ ਉਚਰਾ ਹਰਿ ਲਾਹਾ ਲੈਣੀ ॥ {ਪੰਨਾ 652}

ਅਰਥ:- ਹੇ ਹਰੀ! ਆਪਣੀ ਮੇਹਰ ਕਰ, ਮੈਂ ਤੇਰੀ ਬਾਣੀ (ਭਾਵ, ਤੇਰਾ ਜੱਸ) ਉਚਾਰਾਂ, ਹਰੀ-ਨਾਮ ਸਿਮਰਾਂ, ਹਰੀ-ਨਾਮ ਦਾ ਉਚਾਰਨ ਕਰਾਂ ਤੇ ਇਹੀ ਲਾਭ ਖੱਟਾਂ ।

ਜੋ ਜਪਦੇ ਹਰਿ ਹਰਿ ਦਿਨਸੁ ਰਾਤਿ ਤਿਨ ਹਉ ਕੁਰਬੈਣੀ ॥ ਜਿਨਾ ਸਤਿਗੁਰੁ ਮੇਰਾ ਪਿਆਰਾ ਅਰਾਧਿਆ ਤਿਨ ਜਨ ਦੇਖਾ ਨੈਣੀ ॥ {ਪੰਨਾ 652}

ਅਰਥ:- ਮੈਂ ਉਹਨਾਂ ਤੋਂ ਕੁਰਬਾਨ ਹਾਂ, ਜੋ ਦਿਨ ਰਾਤ ਹਰੀ-ਨਾਮ ਜਪਦੇ ਹਨ, ਉਹਨਾਂ ਨੂੰ ਮੈਂ ਅੱਖੀਂ ਵੇਖਾਂ ਜੋ

ਪਿਆਰੇ ਸਤਿਗੁਰੂ ਦੀ ਸੇਵਾ ਕਰਦੇ ਹਨ ।

ਹਉ ਵਾਰਿਆ ਅਪਣੇ ਗੁਰੂ ਕਉ ਜਿਨਿ ਮੇਰਾ ਹਰਿ ਸਜਣੁ ਮੇਲਿਆ ਸੈਣੀ ॥੨੪॥ {ਪੰਨਾ 652}

ਪਦਅਰਥ:- ਸੈਣੀ—ਰਿਸ਼ਤੇਦਾਰ ।

ਅਰਥ:- ਮੈਂ ਆਪਣੇ ਸਤਿਗੁਰੂ ਤੋਂ ਸਦਕੇ ਹਾਂ, ਜਿਸ ਨੇ ਮੈਨੂੰ ਪਿਆਰਾ ਸੱਜਣ ਪ੍ਰਭੂ ਸਾਥੀ ਮਿਲਾ ਦਿੱਤਾ ਹੈ ।੨੪।

ਸਲੋਕੁ ਮਃ ੪ ॥ ਹਰਿ ਦਾਸਨ ਸਿਉ ਪ੍ਰੀਤਿ ਹੈ ਹਰਿ ਦਾਸਨ ਕੋ ਮਿਤੁ ॥ ਹਰਿ ਦਾਸਨ ਕੈ ਵਸਿ ਹੈ ਜਿਉ ਜੰਤੀ ਕੈ ਵਸਿ ਜੰਤੁ ॥ {ਪੰਨਾ 652}

ਪਦਅਰਥ:- ਜੰਤੁ—ਜੰਤ੍ਰ, ਵਾਜਾ । ਜੰਤੀ—ਵਾਜਾ ਵਜਾਉਣ ਵਾਲਾ ।

ਅਰਥ:- ਪ੍ਰਭੂ ਦੀ ਆਪਣੇ ਸੇਵਕਾਂ ਨਾਲ ਪ੍ਰੀਤ ਹੁੰਦੀ ਹੈ, ਪ੍ਰਭੂ ਆਪਣੇ ਸੇਵਕਾਂ ਦਾ ਮਿੱਤ੍ਰ ਹੈ, ਜਿਵੇਂ ਵਾਜਾ ਵਜੰਤ੍ਰੀ ਦੇ ਵੱਸ ਵਿਚ ਹੁੰਦਾ ਹੈ (ਜਿਵੇਂ ਚਾਹੇ ਵਜਾਏ) ਤਿਵੇਂ ਪ੍ਰਭੂ ਆਪਣੇ ਸੇਵਕਾਂ ਦੇ ਅਧੀਨ ਹੁੰਦਾ ਹੈ ।

ਹਰਿ ਕੇ ਦਾਸ ਹਰਿ ਧਿਆਇਦੇ ਕਰਿ ਪ੍ਰੀਤਮ ਸਿਉ ਨੇਹੁ ॥ ਕਿਰਪਾ ਕਰਿ ਕੈ ਸੁਨਹੁ ਪ੍ਰਭ ਸਭ ਜਗ ਮਹਿ ਵਰਸੈ ਮੇਹੁ ॥ {ਪੰਨਾ 652}

ਅਰਥ:- ਪ੍ਰਭੂ ਦੇ ਸੇਵਕ ਆਪਣੇ ਪ੍ਰੀਤਮ ਪ੍ਰਭੂ ਨਾਲ ਪ੍ਰੇਮ ਜੋੜ ਕੇ ਪ੍ਰਭੂ ਨੂੰ ਸਿਮਰਦੇ ਹਨ, (ਤੇ ਬੇਨਤੀ ਕਰਦੇ ਹਨ, ਕਿ) ਹੇ ਪ੍ਰਭੂ ਮੇਹਰ ਕਰ ਕੇ ਸੁਣ, ਸਾਰੇ ਸੰਸਾਰ ਵਿਚ (ਨਾਮ ਦੀ) ਵਰਖਾ ਹੋਵੇ (ਇਸ ਪਿਆਰ ਕਰਕੇ ਹੀ ਪ੍ਰਭੂ ਆਪਣੇ ਸੇਵਕਾਂ ਨੂੰ ਪਿਆਰਦਾ ਹੈ) ।

ਜੋ ਹਰਿ ਦਾਸਨ ਕੀ ਉਸਤਤਿ ਹੈ ਸਾ ਹਰਿ ਕੀ ਵਡਿਆਈ ॥ ਹਰਿ ਆਪਣੀ ਵਡਿਆਈ ਭਾਵਦੀ ਜਨ ਕਾ ਜੈਕਾਰੁ ਕਰਾਈ ॥ {ਪੰਨਾ 652}

ਪਦਅਰਥ:- ਉਸਤਤਿ—ਵਡਿਆਈ । ਜੈਕਾਰੁ—ਸੋਭਾ ।

ਅਰਥ:- ਹਰੀ ਦੇ ਸੇਵਕਾਂ ਦੀ ਵਡਿਆਈ ਹਰੀ ਦੀ ਹੀ ਵਡਿਆਈ ਹੈ; ਹਰੀ ਨੂੰ ਆਪਣੀ ਇਹ ਵਡਿਆਈ (ਜੋ ਉਸ ਦੇ ਸੇਵਕਾਂ ਦੀ ਹੁੰਦੀ ਹੈ) ਚੰਗੀ ਲੱਗਦੀ ਹੈ । (ਸੋ) ਉਹ ਆਪਣੇ ਸੇਵਕ ਦੀ ਜੈ ਜੈਕਾਰ ਕਰਾ ਦੇਂਦਾ ਹੈ ।

ਸੋ ਹਰਿ ਜਨੁ ਨਾਮੁ ਧਿਆਇਦਾ ਹਰਿ ਹਰਿ ਜਨੁ ਇਕ ਸਮਾਨਿ ॥ ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਪੈਜ ਰਖਹੁ ਭਗਵਾਨ ॥੧॥ {ਪੰਨਾ 652}

ਪਦਅਰਥ:- ਇਕ ਸਮਾਨਿ—ਇਕੋ ਜਿਹੇ । ਪੈਜ—ਲਾਜ ।

ਅਰਥ:- ਹਰੀ ਦਾ ਦਾਸ ਉਹ ਹੈ ਜੋ ਹਰੀ ਦਾ ਨਾਮ ਸਿਮਰਦਾ ਹੈ, ਹਰੀ ਤੇ ਹਰੀ ਦਾ ਸੇਵਕ ਇਕ-ਰੂਪ ਹਨ । ਹੇ ਹਰੀ! ਹੇ ਭਗਵਾਨ! ਦਾਸ ਨਾਨਕ ਤੇਰਾ ਸੇਵਕ ਹੈ, (ਇਸ ਸੇਵਕ ਦੀ ਭੀ) ਲਾਜ ਰੱਖ (ਆਪਣੇ ਨਾਮ ਦੀ ਦਾਤਿ ਦੇਹ) ।੧।

ਮਃ ੪ ॥ ਨਾਨਕ ਪ੍ਰੀਤਿ ਲਾਈ ਤਿਨਿ ਸਾਚੈ ਤਿਸੁ ਬਿਨੁ ਰਹਣੁ ਨ ਜਾਈ ॥ ਸਤਿਗੁਰੁ ਮਿਲੈ ਤ ਪੂਰਾ ਪਾਈਐ ਹਰਿ ਰਸਿ ਰਸਨ ਰਸਾਈ ॥੨॥ {ਪੰਨਾ 652}

ਪਦਅਰਥ:- ਰਸਿ—ਰਸ ਵਿਚ, ਸੁਆਦ ਵਿਚ । ਰਸਨ—ਜੀਭ ।

ਅਰਥ:- ਉਸ ਸੱਚੇ ਹਰੀ ਨੇ ਨਾਨਕ ਦੇ (ਹਿਰਦੇ ਵਿਚ) ਪ੍ਰੇਮ ਪੈਦਾ ਕੀਤਾ ਹੈ, (ਹੁਣ) ਉਸ ਤੋਂ ਬਿਨਾ ਜੀਵਿਆ ਨਹੀਂ ਜਾਂਦਾ; (ਕਿਵੇਂ ਮਿਲੇ?) ਸਤਿਗੁਰੂ ਮਿਲ ਪਏ ਤਾਂ ਪੂਰਾ ਹਰੀ ਲੱਭ ਪੈਂਦਾ ਹੈ ਤੇ ਜੀਭ ਹਰੀ-ਨਾਮ ਦੇ ਸੁਆਦ ਵਿਚ ਰਸ ਜਾਂਦੀ ਹੈ ।੨।

ਪਉੜੀ ॥ ਰੈਣਿ ਦਿਨਸੁ ਪਰਭਾਤਿ ਤੂਹੈ ਹੀ ਗਾਵਣਾ ॥ ਜੀਅ ਜੰਤ ਸਰਬਤ ਨਾਉ ਤੇਰਾ ਧਿਆਵਣਾ ॥ ਤੂ ਦਾਤਾ ਦਾਤਾਰੁ ਤੇਰਾ ਦਿਤਾ ਖਾਵਣਾ ॥ ਭਗਤ ਜਨਾ ਕੈ ਸੰਗਿ ਪਾਪ ਗਵਾਵਣਾ ॥ ਜਨ ਨਾਨਕ ਸਦ ਬਲਿਹਾਰੈ ਬਲਿ ਬਲਿ ਜਾਵਣਾ ॥੨੫॥ {ਪੰਨਾ 652}

ਅਰਥ:- ਹੇ ਹਰੀ! ਰਾਤ ਦਿਨੇ ਅੰਮ੍ਰਿਤ ਵੇਲੇ (ਭਾਵ, ਹਰ ਵੇਲੇ) ਤੂੰ ਹੀ ਗਾਵਣ-ਜੋਗ ਹੈਂ; ਸਾਰੇ ਜੀਵ ਜੰਤ ਤੇਰਾ ਹੀ ਨਾਮ ਸਿਮਰਦੇ ਹਨ; ਤੂੰ ਦਾਤਾਂ ਦੇਣ ਵਾਲਾ ਦਾਤਾਰ ਹੈਂ ਤੇਰਾ ਹੀ ਦਿੱਤਾ ਹੋਇਆ ਖਾਂਦੇ ਹਨ, ਤੇ ਭਗਤਾਂ ਦੀ ਸੰਗਤਿ ਵਿਚ ਆਪਣੇ ਪਾਪ ਦੂਰ ਕਰਦੇ ਹਨ । ਹੇ ਦਾਸ ਨਾਨਕ! (ਉਹਨਾਂ ਭਗਤ ਜਨਾਂ ਤੋਂ) ਸਦਾ ਸਦਕੇ ਹੋ, ਸਦਕੇ ਹੋ ।੨੫।

ਸਲੋਕੁ ਮਃ ੪ ॥ ਅੰਤਰਿ ਅਗਿਆਨੁ ਭਈ ਮਤਿ ਮਧਿਮ ਸਤਿਗੁਰ ਕੀ ਪਰਤੀਤਿ ਨਾਹੀ ॥ ਅੰਦਰਿ ਕਪਟੁ ਸਭੁ ਕਪਟੋ ਕਰਿ ਜਾਣੈ ਕਪਟੇ ਖਪਹਿ ਖਪਾਹੀ ॥ ਸਤਿਗੁਰ ਕਾ ਭਾਣਾ ਚਿਤਿ ਨ ਆਵੈ ਆਪਣੈ ਸੁਆਇ ਫਿਰਾਹੀ ॥ ਕਿਰਪਾ ਕਰੇ ਜੇ ਆਪਣੀ ਤਾ ਨਾਨਕ ਸਬਦਿ ਸਮਾਹੀ ॥੧॥ {ਪੰਨਾ 652}

ਪਦਅਰਥ:- ਮਧਿਮ—ਨਿੰਮੀ, ਭੈੜੀ । ਕਪਟੁ—ਧੋਖਾ । ਸੁਆਇ—ਸੁਆਰਥ ਲਈ ।

ਅਰਥ:- (ਮਨਮੁਖ ਦੇ) ਹਿਰਦੇ ਵਿਚ ਅਗਿਆਨ ਹੈ, (ਉਸ ਦੀ) ਅਕਲਿ ਹੋਛੀ ਹੁੰਦੀ ਹੈ ਤੇ ਸਤਿਗੁਰੂ ਉਤੇ ਉਸ ਨੂੰ ਸਿਦਕ ਨਹੀਂ ਹੁੰਦਾ; ਮਨ ਵਿਚ ਧੋਖਾ (ਹੋਣ ਕਰਕੇ ਸੰਸਾਰ ਵਿਚ ਭੀ) ਉਹ ਸਾਰਾ ਧੋਖਾ ਹੀ ਧੋਖਾ ਵਰਤਦਾ ਸਮਝਦਾ ਹੈ । (ਮਨਮੁਖ ਬੰਦੇ ਆਪ) ਦੁਖੀ ਹੁੰਦੇ ਹਨ (ਤੇ ਹੋਰਨਾਂ ਨੂੰ) ਦੁਖੀ ਕਰਦੇ ਹਨ; ਸਤਿਗੁਰੂ ਦਾ ਹੁਕਮ ਉਹਨਾਂ ਦੇ ਚਿੱਤ ਵਿਚ ਨਹੀਂ ਆਉਂਦਾ (ਭਾਵ, ਭਾਣਾ ਨਹੀਂ ਮੰਨਦੇ) ਤੇ ਆਪਣੀ ਗ਼ਰਜ਼ ਦੇ ਪਿਛੇ ਭਟਕਦੇ ਫਿਰਦੇ ਹਨ; ਹੇ ਨਾਨਕ! ਜੇ ਹਰੀ ਆਪਣੀ ਮੇਹਰ ਕਰੇ, ਤਾਂ ਹੀ ਉਹ ਗੁਰੂ ਦੇ ਸ਼ਬਦ ਵਿਚ ਲੀਨ ਹੁੰਦੇ ਹਨ ।੧।

ਮਃ ੪ ॥ ਮਨਮੁਖ ਮਾਇਆ ਮੋਹਿ ਵਿਆਪੇ ਦੂਜੈ ਭਾਇ ਮਨੂਆ ਥਿਰੁ ਨਾਹਿ ॥ ਅਨਦਿਨੁ ਜਲਤ ਰਹਹਿ ਦਿਨੁ ਰਾਤੀ ਹਉਮੈ ਖਪਹਿ ਖਪਾਹਿ ॥ ਅੰਤਰਿ ਲੋਭੁ ਮਹਾ ਗੁਬਾਰਾ ਤਿਨ ਕੈ ਨਿਕਟਿ ਨ ਕੋਈ ਜਾਹਿ ॥ ਓਇ ਆਪਿ ਦੁਖੀ ਸੁਖੁ ਕਬਹੂ ਨ ਪਾਵਹਿ ਜਨਮਿ ਮਰਹਿ ਮਰਿ ਜਾਹਿ ॥ ਨਾਨਕ ਬਖਸਿ ਲਏ ਪ੍ਰਭੁ ਸਾਚਾ ਜਿ ਗੁਰ ਚਰਨੀ ਚਿਤੁ ਲਾਹਿ ॥੨॥ {ਪੰਨਾ 652}

ਪਦਅਰਥ:- ਵਿਆਪੇ—ਗ੍ਰਸੇ ਹੋਏ । ਗੁਬਾਰਾ—ਹਨੇਰਾ । ਨਿਕਟਿ—ਨੇੜੇ ।

ਅਰਥ:- ਮਾਇਆ ਦੇ ਮੋਹ ਵਿਚ ਗ੍ਰਸੇ ਹੋਏ ਮਨਮੁਖਾਂ ਦਾ ਮਨ ਮਾਇਆ ਦੇ ਪਿਆਰ ਵਿਚ ਇਕ ਥਾਂ ਨਹੀਂ ਟਿਕਦਾ; ਹਰ ਵੇਲੇ ਦਿਨ ਰਾਤ (ਮਾਇਆ ਵਿਚ) ਸੜਦੇ ਰਹਿੰਦੇ ਹਨ, ਅਹੰਕਾਰ ਵਿਚ ਆਪ ਦੁਖੀ ਹੁੰਦੇ ਹਨ, ਹੋਰਨਾਂ ਨੂੰ ਦੁਖੀ ਕਰਦੇ ਹਨ, ਉਹਨਾਂ ਦੇ ਅੰਦਰ ਲੋਭ-ਰੂਪ ਵੱਡਾ ਹਨੇਰਾ ਹੁੰਦਾ ਹੈ, ਕੋਈ ਮਨੁੱਖ ਉਹਨਾਂ ਦੇ ਨੇੜੇ ਨਹੀਂ ਢੁਕਦਾ; ਉਹ ਆਪਣੇ ਆਪ ਹੀ ਦੁਖੀ ਰਹਿੰਦੇ ਹਨ, ਕਦੇ ਸੁਖੀ ਨਹੀਂ ਹੁੰਦੇ, ਸਦਾ ਜੰਮਣ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ । ਹੇ ਨਾਨਕ! ਜੇ ਉਹ ਗੁਰੂ ਦੇ ਚਰਨਾਂ ਵਿਚ ਚਿੱਤ ਜੋੜਨ, ਤਾਂ ਸੱਚਾ ਹਰੀ ਉਹਨਾਂ ਨੂੰ ਬਖ਼ਸ਼ ਲਏ ।੨।

ਪਉੜੀ ॥ ਸੰਤ ਭਗਤ ਪਰਵਾਣੁ ਜੋ ਪ੍ਰਭਿ ਭਾਇਆ ॥ {ਪੰਨਾ 652}

ਅਰਥ:- ਜੋ ਮਨੁੱਖ ਪ੍ਰਭੂ ਨੂੰ ਪਿਆਰੇ ਹਨ, ਉਹ ਸੰਤ ਹਨ, ਭਗਤ ਹਨ ਉਹੀ ਕਬੂਲ ਹਨ ।

ਸੇਈ ਬਿਚਖਣ ਜੰਤ ਜਿਨੀ ਹਰਿ ਧਿਆਇਆ ॥ ਅੰਮ੍ਰਿਤੁ ਨਾਮੁ ਨਿਧਾਨੁ ਭੋਜਨੁ ਖਾਇਆ ॥ ਸੰਤ ਜਨਾ ਕੀ ਧੂਰਿ ਮਸਤਕਿ ਲਾਇਆ ॥ ਨਾਨਕ ਭਏ ਪੁਨੀਤ ਹਰਿ ਤੀਰਥਿ ਨਾਇਆ ॥੨੬॥ {ਪੰਨਾ 652}

ਪਦਅਰਥ:- ਬਿਚਖਣ—ਸਿਆਣੇ । ਧਿਆਇਆ—ਸਿਮਰਿਆ ਹੈ । ਭੋਜਨੁ ਖਾਇਆ—ਭਾਵ, ਆਤਮਾ ਦਾ ਆਸਰਾ ਬਣਾਇਆ ਹੈ (ਜਿਵੇਂ ਭੋਜਨ ਸਰੀਰ ਦਾ ਆਸਰਾ ਹੈ) । ਮਸਤਕਿ—ਮੱਥੇ ਤੇ । ਭਏ ਪੁਨੀਤ—ਪਵਿੱਤ੍ਰ ਹੋ ਗਏ ਹਨ । ਨਾਇਆ—ਨ੍ਹਾਤੇ ਹਨ ।

ਅਰਥ:- ਉਹੋ ਮਨੁੱਖ ਸਿਆਣੇ ਹਨ ਜੋ ਹਰੀ-ਨਾਮ ਸਿਮਰਦੇ ਹਨ, ਆਤਮਕ ਜੀਵਨ ਦੇਣ ਵਾਲਾ ਨਾਮ ਖ਼ਜ਼ਾਨਾ-ਰੂਪ ਭੋਜਨ ਖਾਂਦੇ ਹਨ, ਤੇ ਸੰਤਾਂ ਦੀ ਚਰਨ-ਧੂੜ ਆਪਣੇ ਮੱਥੇ ਤੇ ਲਾਂਦੇ ਹਨ । ਹੇ ਨਾਨਕ! (ਇਹੋ ਜਿਹੇ ਮਨੁੱਖ) ਹਰੀ (ਦੇ ਭਜਨ-ਰੂਪ) ਤੀਰਥ ਤੇ ਨ੍ਹਾਉਂਦੇ ਹਨ ਤੇ ਪਵਿੱਤ੍ਰ ਹੋ ਜਾਂਦੇ ਹਨ ।੨੬।

ਸਲੋਕੁ ਮਃ ੪ ॥ ਗੁਰਮੁਖਿ ਅੰਤਰਿ ਸਾਂਤਿ ਹੈ ਮਨਿ ਤਨਿ ਨਾਮਿ ਸਮਾਇ ॥ ਨਾਮੋ ਚਿਤਵੈ ਨਾਮੁ ਪੜੈ ਨਾਮਿ ਰਹੈ ਲਿਵ ਲਾਇ ॥ ਨਾਮੁ ਪਦਾਰਥੁ ਪਾਇਆ ਚਿੰਤਾ ਗਈ ਬਿਲਾਇ ॥ {ਪੰਨਾ 653}

ਪਦਅਰਥ:- ਮਨਿ ਤਨਿ—ਮਨ ਨਾਲ ਤੇ ਸਰੀਰ ਨਾਲ । ਨਾਮਿ—ਨਾਮ ਵਿਚ । ਨਾਮੋ—ਨਾਮ ਹੀ । ਬਿਲਾਇ ਗਈ—ਦੂਰ ਹੋ ਗਈ ।

ਅਰਥ:- ਜੇ ਮਨੁੱਖ ਸਤਿਗੁਰੂ ਦੇ ਸਨਮੁਖ ਹੈ ਉਸ ਦੇ ਅੰਦਰ ਠੰਢ ਹੈ ਤੇ ਉਹ ਮਨੋਂ ਤਨੋਂ ਨਾਮ ਵਿਚ ਲੀਨ ਰਹਿੰਦੀ ਹੈ; ਉਹ ਨਾਮ ਹੀ ਚਿਤਾਰਦਾ ਹੈ, ਨਾਮ ਹੀ ਪੜ੍ਹਦਾ ਹੈ ਤੇ ਨਾਮ ਵਿਚ ਹੀ ਬ੍ਰਿਤੀ ਜੋੜੀ ਰੱਖਦਾ ਹੈ; ਨਾਮ (ਰੂਪ) ਸੁੰਦਰ ਵਸਤ ਲੱਭ ਕੇ ਉਸ ਦੀ ਚਿੰਤਾ ਦੂਰ ਹੋ ਜਾਂਦੀ ਹੈ ।

ਸਤਿਗੁਰਿ ਮਿਲਿਐ ਨਾਮੁ ਊਪਜੈ ਤਿਸਨਾ ਭੁਖ ਸਭ ਜਾਇ ॥ ਨਾਨਕ ਨਾਮੇ ਰਤਿਆ ਨਾਮੋ ਪਲੈ ਪਾਇ ॥੧॥ {ਪੰਨਾ 653}

ਪਦਅਰਥ:- ਪਲੈ ਪਾਇ—ਮਿਲਦਾ ਹੈ ।

ਅਰਥ:- ਜੇ ਗੁਰੂ ਮਿਲ ਪਏ ਤਾਂ ਨਾਮ (ਹਿਰਦੇ ਵਿਚ) ਪੁੰਗਰਦਾ ਹੈ, ਤ੍ਰਿਸ਼ਨਾ ਦੂਰ ਹੋ ਜਾਂਦੀ ਹੈ (ਮਾਇਆ ਦੀ) ਭੁੱਖ ਸਾਰੀ ਦੂਰ ਹੋ ਜਾਂਦੀ ਹੈ । ਹੇ ਨਾਨਕ! ਨਾਮ ਵਿਚ ਰੰਗੇ ਜਾਣ ਕਰਕੇ ਨਾਮ ਹੀ (ਹਿਰਦੇ-ਰੂਪ) ਪੱਲੇ ਵਿਚ

ਉੱਕਰਿਆ ਜਾਂਦਾ ਹੈ ।੧।

ਮਃ ੪ ॥ ਸਤਿਗੁਰ ਪੁਰਖਿ ਜਿ ਮਾਰਿਆ ਭ੍ਰਮਿ ਭ੍ਰਮਿਆ ਘਰੁ ਛੋਡਿ ਗਇਆ ॥ ਓਸੁ ਪਿਛੈ ਵਜੈ ਫਕੜੀ ਮੁਹੁ ਕਾਲਾ ਆਗੈ ਭਇਆ ॥ {ਪੰਨਾ 653}

ਅਰਥ:- ਜੋ ਮਨੁੱਖ ਗੁਰੂ ਪਰਮੇਸਰ ਵਲੋਂ ਮਾਰਿਆ ਹੋਇਆ ਹੈ (ਭਾਵ, ਜਿਸਨੂੰ ਰੱਬ ਵਾਲੇ ਪਾਸੇ ਤੋਂ ਉੱਕਾ ਹੀ ਨਫ਼ਰਤ ਹੈ) ਉਹ ਭਰਮ ਵਿਚ ਭਟਕਦਾ ਹੋਇਆ ਆਪਣੇ ਟਿਕਾਣੇ ਤੋਂ ਹਿੱਲ ਜਾਂਦਾ ਹੈ । ਉਸ ਦੇ ਪਿੱਛੇ ਲੋਕ ਫੱਕੜੀ ਵਜਾਂਦੇ ਹਨ, ਤੇ ਅੱਗੇ (ਜਿਥੇ ਜਾਂਦਾ ਹੈ) ਮੁਕਾਲਖ ਖੱਟਦਾ ਹੈ ।

ਓਸੁ ਅਰਲੁ ਬਰਲੁ ਮੁਹਹੁ ਨਿਕਲੈ ਨਿਤ ਝਗੂ ਸੁਟਦਾ ਮੁਆ ॥ ਕਿਆ ਹੋਵੈ ਕਿਸੈ ਹੀ ਦੈ ਕੀਤੈ ਜਾਂ ਧੁਰਿ ਕਿਰਤੁ ਓਸ ਦਾ ਏਹੋ ਜੇਹਾ ਪਇਆ ॥ {ਪੰਨਾ 653}

ਪਦਅਰਥ:- ਅਰਲੁ ਬਰਲੁ—ਬਕਵਾਸ । ਝਗੂ ਸੁਟਦਾ—(ਭਾਵ) ਨਿੰਦਾ ਕਰਦਾ । ਕਿਰਤੁ—ਪਿਛਲੀ ਕੀਤੀ ਕਮਾਈ ।

ਅਰਥ:- ਉਸ ਦੇ ਮੂੰਹੋਂ ਨਿਰਾ ਬਕਵਾਸ ਹੀ ਨਿਕਲਦਾ ਹੈ ਉਹ ਸਦਾ ਨਿੰਦਾ ਕਰ ਕੇ ਹੀ ਦੁੱਖੀ ਹੁੰਦਾ ਰਹਿੰਦਾ ਹੈ । ਕਿਸੇ ਦੇ ਭੀ ਕੀਤਿਆਂ ਕੁਝ ਨਹੀਂ ਹੋ ਸਕਦਾ (ਭਾਵ, ਕੋਈ ਉਸ ਨੂੰ ਸੁਮੱਤ ਨਹੀਂ ਦੇ ਸਕਦਾ), ਕਿਉਂਕਿ ਮੁੱਢ ਤੋਂ (ਕੀਤੇ ਮੰਦੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਹੁਣ ਭੀ) ਇਹੋ ਜਿਹੀ (ਭਾਵ, ਨਿੰਦਾ ਦੀ ਮੰਦੀ) ਕਮਾਈ ਕਰਨੀ ਪਈ ਹੈ ।

ਜਿਥੈ ਓਹੁ ਜਾਇ ਤਿਥੈ ਓਹੁ ਝੂਠਾ ਕੂੜੁ ਬੋਲੇ ਕਿਸੈ ਨ ਭਾਵੈ ॥ ਵੇਖਹੁ ਭਾਈ ਵਡਿਆਈ ਹਰਿ ਸੰਤਹੁ ਸੁਆਮੀ ਅਪੁਨੇ ਕੀ ਜੈਸਾ ਕੋਈ ਕਰੈ ਤੈਸਾ ਕੋਈ ਪਾਵੈ ॥ ਏਹੁ ਬ੍ਰਹਮ ਬੀਚਾਰੁ ਹੋਵੈ ਦਰਿ ਸਾਚੈ ਅਗੋ ਦੇ ਜਨੁ ਨਾਨਕੁ ਆਖਿ ਸੁਣਾਵੈ ॥੨॥ {ਪੰਨਾ 653}

ਅਰਥ:- ਉਹ (ਮਨਮੁਖ) ਜਿਥੇ ਜਾਂਦਾ ਹੈ ਉਥੇ ਹੀ ਝੂਠਾ ਹੁੰਦਾ ਹੈ, ਝੂਠ ਬੋਲਦਾ ਹੈ ਤੇ ਕਿਸੇ ਨੂੰ ਚੰਗਾ ਨਹੀਂ ਲੱਗਦਾ । ਹੇ ਸੰਤ ਜਨੋਂ! ਪਿਆਰੇ ਮਾਲਕ ਪ੍ਰਭੂ ਦੀ ਵਡਿਆਈ ਵੇਖੋ, ਕਿ ਜਿਹੋ ਜਿਹੀ ਕੋਈ ਕਮਾਈ ਕਰਦਾ ਹੈ, ਉਹੋ ਜਿਹਾ ਉਸ ਨੂੰ ਫਲ ਮਿਲਦਾ ਹੈ । ਇਹ ਸੱਚੀ ਵਿਚਾਰ ਸੱਚੀ ਦਰਗਾਹ ਵਿਚ ਹੁੰਦੀ ਹੈ, ਦਾਸ ਨਾਨਕ ਪਹਿਲਾਂ ਹੀ ਤੁਹਾਨੂੰ ਆਖ ਕੇ ਸੁਣਾ ਰਿਹਾ ਹੈ (ਤਾਂ ਜੁ ਭਲਾ ਬੀਜ ਬੀਜ ਕੇ ਭਲੇ ਫਲ ਦੀ ਆਸ ਹੋ ਸਕੇ) ।੨।

ਪਉੜੀ ॥ ਗੁਰਿ ਸਚੈ ਬਧਾ ਥੇਹੁ ਰਖਵਾਲੇ ਗੁਰਿ ਦਿਤੇ ॥ ਪੂਰਨ ਹੋਈ ਆਸ ਗੁਰ ਚਰਣੀ ਮਨ ਰਤੇ ॥ ਗੁਰਿ ਕ੍ਰਿਪਾਲਿ ਬੇਅੰਤਿ ਅਵਗੁਣ ਸਭਿ ਹਤੇ ॥ ਗੁਰਿ ਅਪਣੀ ਕਿਰਪਾ ਧਾਰਿ ਅਪਣੇ ਕਰਿ ਲਿਤੇ ॥ ਨਾਨਕ ਸਦ ਬਲਿਹਾਰ ਜਿਸੁ ਗੁਰ ਕੇ ਗੁਣ ਇਤੇ ॥੨੭॥ {ਪੰਨਾ 653}

ਪਦਅਰਥ:- ਥੇਹੁ—ਸਤਸੰਗ-ਰੂਪ ਪਿੰਡ । ਗੁਰਿ—ਗੁਰੂ ਨੇ । ਹਤੇ—ਨਾਸ ਕਰ ਦਿੱਤੇ । ਇਤੇ—ਇਤਨੇ ।

ਅਰਥ:- ਸੱਚੇ ਸਤਿਗੁਰੂ ਨੇ (ਸਤਸੰਗ-ਰੂਪ) ਪਿੰਡ ਵਸਾਇਆ ਹੈ, (ਉਸ ਪਿੰਡ ਲਈ ਸਤਸੰਗੀ) ਰਾਖੇ ਭੀ ਸਤਿਗੁਰੂ ਨੇ ਹੀ ਦਿੱਤੇ ਹਨ, ਜਿਨ੍ਹਾਂ ਦੇ ਮਨ ਗੁਰੂ ਦੇ ਚਰਨਾਂ ਵਿਚ ਜੁੜੇ ਹਨ, ਉਹਨਾਂ ਦੀ ਆਸ ਪੂਰਨ ਹੋ ਗਈ ਹੈ (ਭਾਵ, ਤ੍ਰਿਸ਼ਨਾ ਮਿਟ ਗਈ ਹੈ); ਦਿਆਲ ਤੇ ਬੇਅੰਤ ਗੁਰੂ ਨੇ ਉਹਨਾਂ ਦੇ ਸਾਰੇ ਪਾਪ ਨਾਸ ਕਰ ਦਿੱਤੇ ਹਨ; ਆਪਣੀ ਮੇਹਰ ਕਰ ਕੇ ਸਤਿਗੁਰੂ ਨੇ ਉਹਨਾਂ ਨੂੰ ਆਪਣਾ ਬਣਾ ਲਿਆ ਹੈ । ਹੇ ਨਾਨਕ! ਮੈਂ ਸਦਾ ਉਸ

ਸਤਿਗੁਰੂ ਤੋਂ ਸਦਕੇ ਹਾਂ, ਜਿਸ ਵਿਚ ਇਤਨੇ ਗੁਣ ਹਨ ।੨੭।

ਸਲੋਕ ਮਃ ੧ ॥ ਤਾ ਕੀ ਰਜਾਇ ਲੇਖਿਆ ਪਾਇ ਅਬ ਕਿਆ ਕੀਜੈ ਪਾਂਡੇ ॥ ਹੁਕਮੁ ਹੋਆ ਹਾਸਲੁ ਤਦੇ ਹੋਇ ਨਿਬੜਿਆ ਹੰਢਹਿ ਜੀਅ ਕਮਾਂਦੇ ॥੧॥ {ਪੰਨਾ 653}

ਪਦਅਰਥ:- ਰਜਾਇ—ਰਜ਼ਾ ਵਿਚ । ਪਾਇ—ਪਾਈਦਾ ਹੈ । ਪਾਂਡੇ—ਹੇ ਪੰਡਿਤ! ਹੰਢਹਿ—ਫਿਰਦੇ ਹਨ । ਜੀਅ—ਜੀਵ ।

ਅਰਥ:- ਹੇ ਪੰਡਿਤ! ਐਸ ਵੇਲੇ (ਝੁਰਿਆਂ) ਕੁਝ ਨਹੀਂ ਬਣਦਾ; ਪ੍ਰਭੂ ਦੀ ਰਜ਼ਾ ਵਿਚ (ਆਪਣੇ ਹੀ ਪਿਛਲੇ ਕੀਤੇ ਅਨੁਸਾਰ) ਲਿਖਿਆ (ਲੇਖ) ਪਾਈਦਾ ਹੈ; ਜਦੋਂ ਪ੍ਰਭੂ ਦਾ ਹੁਕਮ ਹੋਇਆ ਤਦੋਂ ਇਹ ਫ਼ੈਸਲਾ ਹੋਇਆ ਤੇ (ਉਸ ਲੇਖ-ਅਨੁਸਾਰ) ਜੀਵ (ਕਰਮ) ਕਮਾਂਦੇ ਫਿਰਦੇ ਹਨ ।੧।

ਮਃ ੨ ॥ ਨਕਿ ਨਥ ਖਸਮ ਹਥ ਕਿਰਤੁ ਧਕੇ ਦੇ ॥ ਜਹਾ ਦਾਣੇ ਤਹਾਂ ਖਾਣੇ ਨਾਨਕਾ ਸਚੁ ਹੇ ॥੨॥ {ਪੰਨਾ 653}

ਪਦਅਰਥ:- ਨਕਿ—ਨੱਕ ਵਿਚ । ਹਥਿ—ਹੱਥ ਵਿਚ । ਦੇ—ਦੇਂਦਾ ਹੈ ।

ਅਰਥ:- ਹੇ ਨਾਨਕ! ਜੀਵ ਦੇ ਨੱਕ ਵਿਚ (ਰਜ਼ਾ ਦੀ) ਨੱਥ (ਨਕੇਲ) ਹੈ ਜੋ ਖਸਮ ਪ੍ਰਭੂ ਦੇ (ਆਪਣੇ) ਹੱਥ ਵਿਚ ਹੈ, ਪਿਛਲੇ ਕੀਤੇ ਹੋਏ ਕੰਮਾਂ ਅਨੁਸਾਰ ਬਣਿਆ ਸੁਭਾਉ ਹੁਣ ਧੱਕ ਕੇ ਚਲਾ ਰਿਹਾ ਹੈ । ਸੱਚ ਇਹ ਹੈ ਕਿ ਜਿਥੇ ਜੀਵ ਦਾ ਦਾਣਾ-ਪਾਣੀ ਹੁੰਦਾ ਹੈ ਉਥੇ ਖਾਣਾ ਪੈਂਦਾ ਹੈ ।੨।

ਪਉੜੀ ॥ ਸਭੇ ਗਲਾ ਆਪਿ ਥਾਟਿ ਬਹਾਲੀਓਨੁ ॥ ਆਪੇ ਰਚਨੁ ਰਚਾਇ ਆਪੇ ਹੀ ਘਾਲਿਓਨੁ ॥ ਆਪੇ ਜੰਤ ਉਪਾਇ ਆਪਿ ਪ੍ਰਤਿਪਾਲਿਓਨੁ ॥ ਦਾਸ ਰਖੇ ਕੰਠਿ ਲਾਇ ਨਦਰਿ ਨਿਹਾਲਿਓਨੁ ॥ ਨਾਨਕ ਭਗਤਾ ਸਦਾ ਅਨੰਦੁ ਭਾਉ ਦੂਜਾ ਜਾਲਿਓਨੁ ॥੨੮॥ {ਪੰਨਾ 653}

ਪਦਅਰਥ:- ਬਹਾਲੀਓਨੁ—ਉਸ ਪ੍ਰਭੂ ਨੇ ਆਪ ਕਾਇਮ ਕੀਤੀਆਂ ਹਨ । ਘਾਲਿਓਨੁ—ਉਸ (ਹਰੀ) ਨੇ ਨਾਸ ਕੀਤਾ ਹੈ । ਪ੍ਰਤਿਪਾਲਿਓਨੁ—ਉਸ ਨੇ (ਹਰੇਕ ਜੀਵ ਨੂੰ) ਪਾਲਿਆ ਹੈ । ਨਿਹਾਲਿਓਨੁ—ਉਸ ਨੇ ਵੇਖਿਆ ਹੈ । ਜਾਲਿਓਨੁ—ਉਸ ਨੇ ਸਾੜਿਆ ਹੈ ।

ਅਰਥ:- ਪ੍ਰਭੂ ਨੇ ਆਪ ਹੀ ਸਾਰੀਆਂ (ਜਗਤ-) ਵਿਓਂਤਾਂ ਬਣਾ ਕੇ ਕਾਇਮ ਕੀਤੀਆਂ ਹਨ; ਆਪ ਹੀ ਸੰਸਾਰ ਦੀ ਰਚਨਾ ਰਚ ਕੇ ਆਪ ਹੀ ਨਾਸ ਕਰਦਾ ਹੈ; ਆਪ ਹੀ ਜੀਵਾਂ ਨੂੰ ਪੈਦਾ ਕਰਦਾ ਹੈ ਤੇ ਆਪੇ ਹੀ ਪਾਲਦਾ ਹੈ; ਆਪੇ ਹੀ ਆਪਣੇ ਸੇਵਕਾਂ ਨੂੰ ਗਲ ਲਾ ਕੇ ਰੱਖਦਾ ਹੈ, ਆਪ ਹੀ ਮੇਹਰ ਦੀ ਨਜ਼ਰ ਨਾਲ ਵੇਖਦਾ ਹੈ । ਹੇ ਨਾਨਕ! ਭਗਤਾਂ ਨੂੰ ਸਦਾ ਪ੍ਰਸੰਨਤਾ ਰਹਿੰਦੀ ਹੈ, (ਕਿਉਂਕਿ) ਉਹਨਾਂ ਦਾ ਮਾਇਆ ਦਾ ਪਿਆਰ ਉਸ ਪ੍ਰਭੂ ਨੇ ਆਪ ਸਾੜ ਦਿੱਤਾ ਹੈ ।੨੮।

ਸਲੋਕੁ ਮਃ ੩ ॥ ਏ ਮਨ ਹਰਿ ਜੀ ਧਿਆਇ ਤੂ ਇਕ ਮਨਿ ਇਕ ਚਿਤਿ ਭਾਇ ॥ ਹਰਿ ਕੀਆ ਸਦਾ ਸਦਾ ਵਡਿਆਈਆ ਦੇਇ ਨ ਪਛੋਤਾਇ ॥ {ਪੰਨਾ 653}

ਪਦਅਰਥ:- ਇਕ ਮਨਿ—ਇਕ ਮਨ ਨਾਲ । ਇਕ ਚਿਤਿ—ਇਕ ਚਿੱਤ ਨਾਲ । ਭਾਇ—ਪ੍ਰੇਮ ਨਾਲ ।

ਦੇਇ—ਦੇਂਦਾ ਹੈ ।

ਅਰਥ:– ਹੇ ਮਨ! ਪਿਆਰ ਨਾਲ ਇਕਾਗ੍ਰ ਚਿੱਤ ਹੋ ਕੇ ਹਰੀ ਦਾ ਸਿਮਰਨ ਕਰ; ਹਰੀ ਵਿਚ ਇਹ ਸਦਾ ਲਈ ਗੁਣ ਹਨ ਕਿ ਦਾਤ ਬਖ਼ਸ਼ ਕੇ ਪਛੁਤਾਉਂਦਾ ਨਹੀਂ ।

ਹਉ ਹਰਿ ਕੈ ਸਦ ਬਲਿਹਾਰਣੈ ਜਿਤੁ ਸੇਵਿਐ ਸੁਖੁ ਪਾਇ ॥ ਨਾਨਕ ਗੁਰਮੁਖਿ ਮਿਲਿ ਰਹੈ ਹਉਮੈ ਸਬਦਿ ਜਲਾਇ ॥੧॥ {ਪੰਨਾ 653}

ਅਰਥ:– ਮੈਂ ਹਰੀ ਤੋਂ ਸਦਾ ਕੁਰਬਾਨ ਹਾਂ, ਜਿਸ ਦੀ ਸੇਵਾ ਕੀਤਿਆਂ ਸੁਖ ਮਿਲਦਾ ਹੈ; ਹੇ ਨਾਨਕ! ਗੁਰਮੁਖ ਜਨ ਅਹੰਕਾਰ ਨੂੰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸਾੜ ਕੇ ਹਰੀ ਵਿਚ ਮਿਲੇ ਰਹਿੰਦੇ ਹਨ ।੧।

ਮਃ ੩ ॥ ਆਪੇ ਸੇਵਾ ਲਾਇਅਨੁ ਆਪੇ ਬਖਸ ਕਰੇਇ ॥ ਸਭਨਾ ਕਾ ਮਾ ਪਿਉ ਆਪਿ ਹੈ ਆਪੇ ਸਾਰ ਕਰੇਇ ॥ {ਪੰਨਾ 653}

ਪਦਅਰਥ:– ਲਾਇਅਨ—ਲਾਏ ਹਨ ਉਸ (ਹਰੀ) ਨੇ । ਸਾਰ—ਸੰਭਾਲ ।

ਅਰਥ:– ਹਰੀ ਨੇ ਆਪ ਹੀ ਮਨੁੱਖਾਂ ਨੂੰ ਸੇਵਾ ਵਿਚ ਲਾਇਆ ਹੈ, ਆਪ ਹੀ ਬਖ਼ਸ਼ਸ਼ ਕਰਦਾ ਹੈ, ਆਪ ਹੀ ਸਭਨਾਂ ਦਾ ਮਾਂ ਪਿਉ ਹੈ ਤੇ ਆਪ ਹੀ ਸਭ ਦੀ ਸੰਭਾਲ ਕਰਦਾ ਹੈ ।

ਨਾਨਕ ਨਾਮੁ ਧਿਆਇਨਿ ਤਿਨ ਨਿਜ ਘਰਿ ਵਾਸੁ ਹੈ ਜੁਗੁ ਜੁਗੁ ਸੋਭਾ ਹੋਇ ॥੨॥ {ਪੰਨਾ 653}

ਅਰਥ:– ਹੇ ਨਾਨਕ! ਜੋ ਮਨੁੱਖ ਨਾਮ ਜਪਦੇ ਹਨ, ਉਹ ਆਪਣੇ ਟਿਕਾਣੇ ਤੇ ਟਿਕੇ ਹੁੰਦੇ ਹਨ, ਹਰੇਕ ਜੁਗ ਵਿਚ ਉਹਨਾਂ ਦੀ ਸੋਭਾ ਹੁੰਦੀ ਹੈ ।੨।

ਪਉੜੀ ॥ ਤੂ ਕਰਣ ਕਾਰਣ ਸਮਰਥੁ ਹਹਿ ਕਰਤੇ ਮੈ ਤੁਝ ਬਿਨੁ ਅਵਰੁ ਨ ਕੋਈ ॥ ਤੁਧੁ ਆਪੇ ਸਿਸਟਿ ਸਿਰਜੀਆ ਆਪੇ ਫੁਨਿ ਗੋਈ ॥ {ਪੰਨਾ 653-654}

ਪਦਅਰਥ:– ਗੋਈ—ਨਾਸ ਕੀਤੀ ਹੈ ।

ਅਰਥ:– ਹੇ ਕਰਤਾਰ! ਤੂੰ ਸਾਰੀ ਕੁਦਰਤਿ ਨੂੰ ਰਚਣ-ਜੋਗਾ ਹੈਂ; ਤੇਰੇ ਬਿਨਾ ਤੇਰੇ ਜੇਡਾ ਕੋਈ ਹੋਰ ਨਹੀਂ ਮੈਨੂੰ ਦਿੱਸਦਾ; ਤੂੰ ਆਪ ਹੀ ਸ੍ਰਿਸ਼ਟੀ ਨੂੰ ਪੈਦਾ ਕਰਦਾ ਹੈਂ ਤੇ ਆਪ ਹੀ ਫਿਰ ਨਾਸ ਕਰਦਾ ਹੈਂ ।

ਸਭੁ ਇਕੋ ਸਬਦੁ ਵਰਤਦਾ ਜੋ ਕਰੇ ਸੁ ਹੋਈ ॥ ਵਡਿਆਈ ਗੁਰਮੁਖਿ ਦੇਇ ਪ੍ਰਭੁ ਹਰਿ ਪਾਵੈ ਸੋਈ ॥ {ਪੰਨਾ 654}

ਪਦਅਰਥ:– ਸਬਦੁ—ਹੁਕਮ । ਸਭੁ—ਹਰ ਥਾਂ ।

ਅਰਥ:– ਸਭ ਥਾਈਂ (ਹਰੀ ਦਾ) ਹੀ ਹੁਕਮ ਵਰਤ ਰਿਹਾ ਹੈ; ਜੋ ਉਹ ਕਰਦਾ ਹੈ ਸੋਈ ਹੁੰਦਾ ਹੈ । ਜੋ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਸ ਨੂੰ ਪ੍ਰਭੂ ਵਡਿਆਈ ਬਖ਼ਸ਼ਦਾ ਹੈ, ਉਹ ਉਸ ਹਰੀ ਨੂੰ ਮਿਲ ਪੈਂਦਾ ਹੈ ।

ਗੁਰਮੁਖਿ ਨਾਨਕ ਆਰਾਧਿਆ ਸਭਿ ਆਖਹੁ ਧੰਨੁ ਧੰਨੁ ਧੰਨੁ ਗੁਰੁ ਸੋਈ ॥੨੯॥੧॥ ਸੁਧੁ {ਪੰਨਾ 654}

ਪਦਅਰਥ:- ਸਭਿ—ਸਾਰੇ ।

ਅਰਥ:- ਹੇ ਨਾਨਕ! ਗੁਰੂ ਦੇ ਸਨਮੁਖ ਮਨੁੱਖ ਹਰੀ ਨੂੰ ਸਿਮਰਦੇ ਹਨ, (ਹੇ ਭਾਈ!) ਸਾਰੇ ਆਖੋ, ਕਿ ਉਹ ਸਤਿਗੁਰੂ, ਧੰਨ ਹੈ, ਧੰਨ ਹੈ, ਧੰਨ ਹੈ ।੨੯।੧। ਸੁਧੁ ।

ਰਾਗੁ ਸੋਰਠਿ ਬਾਣੀ ਭਗਤ ਕਬੀਰ ਜੀ ਕੀ ਘਰੁ ੧ ੧ੴ ਸਤਿਗੁਰ ਪ੍ਰਸਾਦਿ ॥ ਬੁਤ ਪੂਜਿ ਪੂਜਿ ਹਿੰਦੂ ਮੂਏ ਤੁਰਕ ਮੂਏ ਸਿਰੁ ਨਾਈ ॥ ਓਇ ਲੇ ਜਾਰੇ ਓਇ ਲੇ ਗਾਡੇ ਤੇਰੀ ਗਤਿ ਦੁਹੂ ਨ ਪਾਈ ॥੧॥ ਮਨ ਰੇ ਸੰਸਾਰੁ ਅੰਧ ਗਹੇਰਾ ॥ ਚਹੁ ਦਿਸ ਪਸਰਿਓ ਹੈ ਜਮ ਜੇਵਰਾ ॥੧॥ ਰਹਾਉ ॥ ਕਬਿਤ ਪੜੇ ਪੜਿ ਕਬਿਤਾ ਮੂਏ ਕਪੜ ਕੇਦਾਰੈ ਜਾਈ ॥ ਜਟਾ ਧਾਰਿ ਧਾਰਿ ਜੋਗੀ ਮੂਏ ਤੇਰੀ ਗਤਿ ਇਨਹਿ ਨ ਪਾਈ ॥੨॥ ਦਰਬੁ ਸੰਚਿ ਸੰਚਿ ਰਾਜੇ ਮੂਏ ਗਡਿ ਲੇ ਕੰਚਨ ਭਾਰੀ ॥ ਬੇਦ ਪੜੇ ਪੜਿ ਪੰਡਿਤ ਮੂਏ ਰੂਪੁ ਦੇਖਿ ਦੇਖਿ ਨਾਰੀ ॥੩॥ ਰਾਮ ਨਾਮ ਬਿਨੁ ਸਭੈ ਬਿਗੂਤੇ ਦੇਖਹੁ ਨਿਰਖਿ ਸਰੀਰਾ ॥ ਹਰਿ ਕੇ ਨਾਮ ਬਿਨੁ ਕਿਨਿ ਗਤਿ ਪਾਈ ਕਹਿ ਉਪਦੇਸੁ ਕਬੀਰਾ ॥੪॥੧॥ {ਪੰਨਾ 654}

ਪਦਅਰਥ:- ਮੂਏ—ਮਰ ਗਏ, ਖਪ ਗਏ, ਖ਼ੁਆਰ ਹੋਏ, ਜੀਵਨ ਵਿਅਰਥ ਗਵਾ ਗਏ । ਨਾਈ—ਨਿਵਾ ਨਿਵਾ ਕੇ, ਪੱਛਮ ਵਲ ਸਜਦੇ ਕਰ ਕਰ ਕੇ, ਰੱਬ ਨੂੰ ਕਾਹਬੇ ਵਿਚ ਹੀ ਸਮਝ ਕੇ । ਓਇ—ਉਹਨਾਂ (ਹਿੰਦੂਆਂ) ਨੇ । ਲੇ—ਲੈ ਕੇ, (ਆਪਣੇ ਮੁਰਦੇ) ਲੈ ਕੇ । ਜਾਰੇ—ਸਾੜ ਦਿੱਤੇ । ਗਾਡੇ—ਦੱਬ ਦਿੱਤੇ । ਗਤਿ—{skt. giq—1. condition, state, 2. knowledge, wisdom} 1. ਹਾਲਤ 2. ਉੱਚੀ ਆਤਮਕ ਅਵਸਥਾ । ਦੁਹੂ—ਨਾਹ ਹਿੰਦੂਆਂ ਤੇ ਨਾਹ ਮੁਸਲਮਾਨਾਂ ।੧।

ਗਹੇਰਾ—ਗਹਿਰਾ, ਡੂੰਘਾ (ਖਾਤਾ) । ਅੰਧ—ਅੰਨ੍ਹਾ । ਦਿਸ—ਪਾਸਾ, ਤਰਫ਼ । ਜੇਵਰਾ—ਜੇਵਰੀ, ਰੱਸੀ, ਫਾਹੀ ।੧।ਰਹਾਉ।

ਕਬਿਤ—ਕਵਿਤਾ । ਕਬਿਤਾ—ਕਵੀ ਲੋਕ । ਕਪੜ—ਕਾਪੜੀ ਫ਼ਿਰਕੇ ਦੇ ਲੋਕ, ਲੀਰਾਂ ਦੀ ਗੋਦੜੀ ਪਹਿਨਣ ਵਾਲੇ । ਕੇਦਾਰਾ—ਹਿਮਾਲੇ ਪਰਬਤ ਵਿਚ ਇਕ ਹਿੰਦੂ ਤੀਰਥ, ਰਿਆਸਤ ਗੜ੍ਹਵਾਲ (ਯੂ. ਪੀ.) ਵਿਚ, ਰੁਦ੍ਰ ਹਿਮਾਲੇ ਦੀ ਬਰਫ਼ਾਨੀ ਧਾਰਾ ਵਿਚ ਮਹਾ ਪੰਥ ਦੀ ਚੋਟੀ ਹੇਠ ਇਕ ਟਿੱਲੇ ਉੱਤੇ । ਇੱਥੇ ਸਦਾ-ਸ਼ਿਵ ਦਾ ਮੰਦਰ ਹੈ, ਜਿਸ ਵਿਚ ਝੋਟੇ ਦੀ ਸ਼ਕਲ ਦਾ ਮਹਾਂਦੇਵ ਹੈ । ਪਾਂਡਵਾਂ ਤੋਂ ਹਾਰ ਖਾ ਕੇ ਸ਼ਿਵ ਜੀ ਇੱਥੇ ਝੋਟੇ ਦੀ ਸ਼ਕਲ ਵਿਚ ਆਏ । ਇਨਹਿ—ਇਹਨਾਂ ਲੋਕਾਂ ਭੀ ।੨।

ਦਰਬੁ—{d®X} ਧਨ । ਸੰਚਿ—ਇਕੱਠਾ ਕਰ ਕੇ । ਗਡਿ ਲੇ—ਦੱਬ ਰੱਖੇ । ਕੰਚਨ ਭਾਰੀ—ਸੋਨੇ ਦੇ ਭਾਰ, ਸੋਨੇ ਦੇ ਢੇਰ । ਨਾਰੀ—ਨਾਰੀਆਂ ।੩।

ਬਿਗੂਤੇ—ਖ਼ੁਆਰ ਹੋਏ । ਨਿਰਖ—{Skt. inrI™X} ਗਹੁ ਨਾਲ ਤੱਕ ਕੇ, ਨਿਰਨਾ ਕਰ ਕੇ । ਸਰੀਰਾ—ਸਰੀਰ ਵਿਚ, ਆਪਣੇ ਅੰਦਰ । ਗਤਿ—ਉੱਚੀ ਆਤਮਕ ਅਵਸਥਾ, ਗਿਆਨ, ਸਮਝ ।੪।

ਅਰਥ:- ਹੇ ਮੇਰੇ ਮਨ! (ਅਗਿਆਨਤਾ ਦੇ ਕਾਰਨ) ਸਿਮਰਨ ਤੋਂ ਖੁੰਝ ਕੇ ਜਗਤ ਇਕ ਹਨੇਰਾ ਖਾਤਾ ਬਣਿਆ ਪਿਆ ਹੈ, ਅਤੇ ਚੌਹੀਂ ਪਾਸੀਂ ਜਮਾਂ ਦੀ ਫਾਹੀ ਖਿਲਰੀ ਪਈ ਹੈ (ਭਾਵ, ਲੋਕ ਉਹ ਉਹ ਕੰਮ ਹੀ ਕਰ ਰਹੇ ਹਨ

ਜਿਨ੍ਹਾਂ ਨਾਲ ਹੋਰ ਵਧੀਕ ਅਗਿਆਨਤਾ ਵਿਚ ਫਸਦੇ ਜਾਣ) ।੧।ਰਹਾਉ।

ਹਿੰਦੂ ਲੋਕ ਬੁਤਾਂ ਦੀ ਪੂਜਾ ਕਰ ਕਰ ਕੇ ਖ਼ੁਆਰ ਹੋ ਰਹੇ ਹਨ, ਮੁਸਲਮਾਨ (ਰੱਬ ਨੂੰ ਮੱਕੇ ਵਿਚ ਹੀ ਸਮਝ ਕੇ ਉਧਰ) ਸਿਜਦੇ ਕਰ ਰਹੇ ਹਨ, ਹਿੰਦੂਆਂ ਨੇ ਆਪਣੇ ਮੁਰਦੇ ਸਾੜ ਦਿੱਤੇ ਤੇ ਮੁਸਲਮਾਨਾਂ ਦੇ ਦੱਬ ਦਿੱਤੇ (ਇਸੇ ਵਿਚ ਹੀ ਝਗੜਦੇ ਰਹੇ ਕਿ ਸੱਚਾ ਕੌਣ ਹੈ) । (ਹੇ ਪ੍ਰਭੂ) ਤੂੰ ਕਿਹੋ ਜਿਹਾ ਹੈਂ? ਇਹ ਸਮਝ ਦੋਹਾਂ ਧਿਰਾਂ ਨੂੰ ਨਾਹ ਪਈ ।੧।

(ਵਿਦਵਾਨ) ਕਵੀ ਲੋਕ ਆਪੋ ਆਪਣੀ ਕਾਵਿ-ਰਚਨਾ ਪੜ੍ਹਨ (ਭਾਵ, ਵਿੱਦਿਆ ਦੇ ਮਾਣ) ਵਿਚ ਹੀ ਮਸਤ ਹਨ, ਕਾਪੜੀ (ਆਦਿਕ) ਸਾਧੂ ਕੇਦਾਰਾ (ਆਦਿਕ) ਤੀਰਥਾਂ ਤੇ ਜਾ ਜਾ ਕੇ ਜੀਵਨ ਵਿਅਰਥ ਗਵਾਉਂਦੇ ਹਨ; ਜੋਗੀ ਲੋਕ ਜਟਾ ਰੱਖ ਰੱਖ ਕੇ ਹੀ ਇਹ ਸਮਝਦੇ ਰਹੇ ਕਿ ਇਹੀ ਰਾਹ ਠੀਕ ਹੈ । (ਹੇ ਪ੍ਰਭੂ!) ਤੇਰੀ ਬਾਬਤ ਸੂਝ ਇਹਨਾਂ ਲੋਕਾਂ ਨੂੰ ਭੀ ਨਾਹ ਪਈ ।੨।

ਰਾਜੇ ਧਨ ਜੋੜ ਜੋੜ ਕੇ ਉਮਰ ਗੰਵਾ ਗਏ, ਉਹਨਾਂ ਸੋਨੇ (ਆਦਿਕ) ਦੇ ਢੇਰ (ਭਾਵ, ਖ਼ਜ਼ਾਨੇ) ਧਰਤੀ ਵਿਚ ਦੱਬ ਰੱਖੇ, ਪੰਡਿਤ ਲੋਕ ਵੇਦ-ਪਾਠੀ ਹੋਣ ਦੇ ਹੰਕਾਰ ਵਿਚ ਖਪਦੇ ਹਨ, ਤੇ, ਇਸਤ੍ਰੀਆਂ (ਸ਼ੀਸ਼ੇ ਵਿਚ) ਆਪਣੇ ਰੂਪ ਤੱਕਣ ਵਿਚ ਹੀ ਜ਼ਿੰਦਗੀ ਅਜਾਈਂ ਬਿਤਾ ਰਹੀਆਂ ਹਨ ।੩।

ਆਪੋ-ਆਪਣੇ ਅੰਦਰ ਝਾਤ ਮਾਰ ਕੇ ਵੇਖ ਲਵੋ, ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨ ਤੋਂ ਬਿਨਾ ਸਭ ਜੀਵ ਖ਼ੁਆਰ ਹੋ ਰਹੇ ਹਨ । ਕਬੀਰ ਸਿੱਖਿਆ ਦੀ ਗੱਲ ਆਖਦਾ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸੇ ਨੂੰ (ਜੀਵਨ ਦੀ) ਸਹੀ ਸੂਝ ਨਹੀਂ ਪੈਂਦੀ ।੪।੧।

ਸ਼ਬਦ ਦਾ ਭਾਵ:- ਸਿਮਰਨ ਤੋਂ ਬਿਨਾ ਜੀਵਨ ਵਿਅਰਥ ਹੈ । ਸਿਮਰਨ-ਹੀਨ ਬੰਦਿਆਂ ਲਈ ਇਹ ਜਗਤ ਇਕ ਅੰਨ੍ਹਾ ਖਾਤਾ ਹੈ, ਉਹਨਾਂ ਦੇ ਕਰਮ ਉਹਨਾਂ ਵਾਸਤੇ ਹੋਰ ਹੋਰ ਫਾਹੀ ਦਾ ਕੰਮ ਕਰਦੇ ਹਨ ।

ਜਬ ਜਰੀਐ ਤਬ ਹੋਇ ਭਸਮ ਤਨੁ ਰਹੈ ਕਿਰਮ ਦਲ ਖਾਈ ॥ ਕਾਚੀ ਗਾਗਰਿ ਨੀਰੁ ਪਰਤੁ ਹੈ ਇਆ ਤਨ ਕੀ ਇਹੈ ਬਡਾਈ ॥੧॥ ਕਾਹੇ ਭਈਆ ਫਿਰਤੌ ਫੂਲਿਆ ਫੂਲਿਆ ॥ ਜਬ ਦਸ ਮਾਸ ਉਰਧ ਮੁਖ ਰਹਤਾ ਸੋ ਦਿਨੁ ਕੈਸੇ ਭੂਲਿਆ ॥੧॥ ਰਹਾਉ ॥ ਜਿਉ ਮਧੁ ਮਾਖੀ ਤਿਉ ਸਠੋਰਿ ਰਸੁ ਜੋਰਿ ਜੋਰਿ ਧਨੁ ਕੀਆ ॥ ਮਰਤੀ ਬਾਰ ਲੇਹੁ ਲੇਹੁ ਕਰੀਐ ਭੂਤੁ ਰਹਨ ਕਿਉ ਦੀਆ ॥੨॥ ਦੇਹੁਰੀ ਲਉ ਬਰੀ ਨਾਰਿ ਸੰਗਿ ਭਈ ਆਗੈ ਸਜਨ ਸੁਹੇਲਾ ॥ ਮਰਘਟ ਲਉ ਸਭੁ ਲੋਗੁ ਕੁਟੰਬੁ ਭਇਓ ਆਗੈ ਹੰਸੁ ਅਕੇਲਾ ॥੩॥ ਕਹਤੁ ਕਬੀਰ ਸੁਨਹੁ ਰੇ ਪ੍ਰਾਨੀ ਪਰੇ ਕਾਲ ਗ੍ਰਸ ਕੂਆ ॥ ਝੂਠੀ ਮਾਇਆ ਆਪੁ ਬੰਧਾਇਆ ਜਿਉ ਨਲਨੀ ਭ੍ਰਮਿ ਸੂਆ ॥੪॥੨॥ {ਪੰਨਾ 654}

ਪਦਅਰਥ:- ਜਰੀਐ—ਜਾਰੀਐ, ਸਾੜੀਦਾ ਹੈ । ਭਸਮ—ਸੁਆਹ । ਤਨੁ—ਸਰੀਰ । ਰਹੈ—(ਜੇ ਕਬਰ ਵਿਚ) ਟਿਕਿਆ ਰਹੇ । ਕਿਰਮ—ਕੀੜੇ । ਖਾਈ—ਖਾ ਜਾਂਦਾ ਹੈ । ਗਾਗਰਿ—ਘੜੇ ਵਿਚ । ਨੀਰੁ—ਪਾਣੀ । ਪਰਤੁ ਹੈ—ਪੈਂਦਾ ਹੈ (ਤੇ ਨਿਕਲ ਜਾਂਦਾ ਹੈ) । ਇਹੈ—ਇਹ ਹੀ । ਬਡਾਈ—ਮਹੱਤਤਾ, ਮਾਣ, ਫ਼ਖ਼ਰ ।੧।

ਫੂਲਿਆ ਫੂਲਿਆ—ਹੰਕਾਰ ਵਿਚ ਮੱਤਾ ਹੋਇਆ । ਮਾਸ—ਮਹੀਨੇ । ਉਰਧ ਮੁਖ—ਮੂੰਹ-ਭਾਰ, ਉਲਟਾ । ਸੋ ਦਿਨੁ—ਉਹ ਸਮਾ ।੧।ਰਹਾਉ।

ਮਧੁ—ਸ਼ਹਿਦ । ਸਠੋਰਿ—ਸਠੋਰ ਨੇ {skt. _T-A rogue, a fool} ਮੂਰਖ ਨੇ, ਠੱਗ ਨੇ ।

ਜਿਉ...ਜੀਆ—ਜਿਉ ਮਾਖੀ ਰਸੁ ਜੋਰਿ ਜੋਰਿ ਮਧੁ ਕੀਆ, ਤਿਉ ਸਠੋਰਿ ਜੋਰਿ ਜੋਰਿ ਧਨੁ ਕੀਆ, ਜਿਵੇਂ ਮੱਖੀ ਨੇ ਫੁੱਲਾਂ ਦਾ ਰਸ ਜੋੜ ਜੋੜ ਕੇ ਸ਼ਹਿਦ ਇਕੱਠਾ ਕੀਤਾ (ਤੇ ਲੈ ਗਏ ਹੋਰ ਲੋਕ), ਤਿਵੇਂ ਮੂਰਖ ਨੇ ਸਰਫ਼ੇ ਨਾਲ ਧਨ ਜੋੜਿਆ । ਲੇਹੁ ਲੇਹੁ—ਲਉ, ਲੈ ਚੱਲੋ । ਭੂਤੁ—ਗੁਜ਼ਰ ਚੁਕਿਆ ਪ੍ਰਾਣੀ, ਮੁਰਦਾ ।੨।

ਦੇਹੁਰੀ—ਘਰ ਦੀ ਬਾਹਰਲੀ ਦਲੀਜ਼ । ਲਉ—ਤੱਕ । ਬਰੀ ਨਾਰਿ—ਵਹੁਟੀ । ਸੰਗਿ ਭਈ—ਨਾਲ ਹੋਈ, ਨਾਲ ਗਈ । ਮਰਘਟ—ਮਸਾਣ । ਕੁਟੰਬੁ—ਪਰਵਾਰ । ਹੰਸੁ—ਆਤਮਾ ।੩।

ਕੂਆ—ਖੂਹ । ਕਾਲ ਗ੍ਰਸ ਕੂਆ—ਉਸ ਖੂਹ ਵਿਚ ਜਿਸ ਨੂੰ ਮੌਤ ਨੇ ਘੇਰਿਆ ਹੋਇਆ ਹੈ । ਆਪੁ—ਆਪਣੇ ਆਪ ਨੂੰ । ਨਲਨੀ—ਤੋਤੇ ਨੂੰ ਫੜਨ ਲਈ ਬਣਾਈ ਹੋਈ ਨਲਕੀ । ਭ੍ਰਮਿ—ਭਰਮ ਵਿਚ, ਡਰ ਵਿਚ, ਡੁੱਬਣ ਦੇ ਡਰ ਵਿਚ । ਸੂਆ—ਤੋਤਾ ।੪।

ਅਰਥ:- (ਮਰਨ ਪਿਛੋਂ) ਜੇ ਸਰੀਰ (ਚਿਖਾ ਵਿਚ) ਸਾੜਿਆ ਜਾਏ ਤਾਂ ਇਹ ਸੁਆਹ ਹੋ ਜਾਂਦਾ ਹੈ, ਜੇ (ਕਬਰ ਵਿਚ) ਟਿਕਿਆ ਰਹੇ ਤਾਂ ਕੀੜਿਆਂ ਦਾ ਦਲ ਇਸ ਨੂੰ ਖਾ ਜਾਂਦਾ ਹੈ । (ਜਿਵੇਂ) ਕੱਚੇ ਘੜੇ ਵਿਚ ਪਾਣੀ ਪੈਂਦਾ ਹੈ (ਤੇ ਘੜਾ ਗਲ ਕੇ ਪਾਣੀ ਬਾਹਰ ਨਿਕਲ ਜਾਂਦਾ ਹੈ ਤਿਵੇਂ ਸੁਆਸ ਮੁੱਕ ਜਾਣ ਤੇ ਸਰੀਰ ਵਿਚੋਂ ਭੀ ਜਿੰਦ ਨਿਕਲ ਜਾਂਦੀ ਹੈ, ਸੋ,) ਇਸ ਸਰੀਰ ਦਾ ਇਤਨਾ ਕੁ ਹੀ ਮਾਣ ਹੈ (ਜਿਤਨਾ ਕੱਚੇ ਘੜੇ ਦਾ) ।੧।

ਹੇ ਭਾਈ! ਤੂੰ ਕਿਸ ਗੱਲੇ ਹੰਕਾਰ ਵਿਚ ਆਫਰਿਆ ਫਿਰਦਾ ਹੈਂ? ਤੈਨੂੰ ਉਹ ਸਮਾ ਕਿਉਂ ਭੁਲ ਗਿਆ ਹੈ ਜਦੋਂ ਤੂੰ (ਮਾਂ ਦੇ ਪੇਟ ਵਿਚ) ਦਸ ਮਹੀਨੇ ਉਲਟਾ ਟਿਕਿਆ ਰਿਹਾ ਸੈਂ? ।੧।ਰਹਾਉ।

ਜਿਵੇਂ ਮੱਖੀ (ਫੁੱਲਾਂ ਦਾ) ਰਸ ਜੋੜ ਜੋੜ ਕੇ ਸ਼ਹਿਦ ਇਕੱਠਾ ਕਰਦੀ ਹੈ, ਤਿਵੇਂ ਮੂਰਖ ਬੰਦੇ ਨੇ ਸਰਫ਼ੇ ਕਰ ਕਰ ਕੇ ਧਨ ਜੋੜਿਆ (ਪਰ ਆਖ਼ਰ ਉਹ ਬਿਗਾਨਾ ਹੀ ਹੋ ਗਿਆ) । ਮੌਤ ਆਈ, ਤਾਂ ਸਭ ਇਹੀ ਆਖਦੇ ਹਨ—ਲੈ ਚੱਲੋ, ਲੈ ਚੱਲੋ, ਹੁਣ ਇਹ ਬੀਤ ਚੁਕਿਆ ਹੈ, ਬਹੁਤਾ ਚਿਰ ਘਰ ਰੱਖਣ ਦਾ ਕੋਈ ਲਾਭ ਨਹੀਂ ।੨।

ਘਰ ਦੀ (ਬਾਹਰਲੀ) ਦਲੀਜ਼ ਤਕ ਵਹੁਟੀ (ਉਸ ਮੁਰਦੇ ਦੇ) ਨਾਲ ਜਾਂਦੀ ਹੈ, ਅਗਾਂਹ ਸੱਜਣ ਮਿੱਤਰ ਚੁੱਕ ਲੈਂਦੇ ਹਨ, ਮਸਾਣਾਂ ਤਕ ਪਰਵਾਰ ਦੇ ਬੰਦੇ ਤੇ ਹੋਰ ਲੋਕ ਜਾਂਦੇ ਹਨ, ਪਰ ਪਰਲੋਕ ਵਿਚ ਤਾਂ ਜੀਵ-ਆਤਮਾ ਇਕੱਲਾ ਹੀ ਜਾਂਦਾ ਹੈ ।੩।

ਕਬੀਰ ਆਖਦਾ ਹੈ—ਹੇ ਬੰਦੇ! ਸੁਣ, ਤੂੰ ਉਸ ਖੂਹ ਵਿਚ ਡਿੱਗਾ ਪਿਆ ਹੈਂ ਜਿਸ ਨੂੰ ਮੌਤ ਨੇ ਘੇਰਿਆ ਹੋਇਆ ਹੈ (ਭਾਵ, ਮੌਤ ਅਵੱਸ਼ ਆਉਂਦੀ ਹੈ) । ਪਰ, ਤੂੰ ਆਪਣੇ ਆਪ ਨੂੰ ਇਸ ਮਾਇਆ ਨਾਲ ਬੰਨ੍ਹ ਰੱਖਿਆ ਹੈ ਜਿਸ ਨਾਲ ਸਾਥ ਨਹੀਂ ਨਿਭਣਾ, ਜਿਵੇਂ ਤੋਤਾ ਮੌਤ ਦੇ ਡਰ ਤੋਂ ਆਪਣੇ ਆਪ ਨੂੰ ਨਲਨੀ ਨਾਲ ਚੰਬੋੜ ਰੱਖਦਾ ਹੈ (ਨੋਟ:- ਨਲਨੀ ਨਾਲ ਚੰਬੜਨਾ ਤੋਤੇ ਦੀ ਫਾਹੀ ਦਾ ਕਾਰਨ ਬਣਦਾ ਹੈ, ਮਾਇਆ ਨਾਲ ਚੰਬੜੇ ਰਹਿਣਾ ਮਨੁੱਖ ਦੀ ਆਤਮਕ ਮੌਤ ਦਾ ਕਾਰਨ ਬਣਦਾ ਹੈ) ।੪।੨।

ਸ਼ਬਦ ਦਾ ਭਾਵ:- ਮਾਇਆ ਦਾ ਮਾਣ ਕੂੜਾ ਹੈ, ਕਿਸੇ ਚੀਜ਼ ਨਾਲ ਭੀ ਸਾਥ ਸਦਾ ਨਹੀਂ ਨਿਭਦਾ । ਮਾਇਆ ਦਾ ਮੋਹ ਸਗੋਂ ਮਨੁੱਖ ਦੀ ਆਤਮਕ ਮੌਤ ਦਾ ਕਾਰਨ ਬਣਦਾ ਹੈ, ਜਿਵੇਂ ਨਲਨੀ ਨਾਲ ਚੰਬੜ ਕੇ ਤੋਤਾ ਬਿਗਾਨੀ ਕੈਦ ਵਿਚ ਫਸਦਾ ਹੈ ।

ਬੇਦ ਪੁਰਾਨ ਸਭੈ ਮਤ ਸੁਨਿ ਕੈ ਕਰੀ ਕਰਮ ਕੀ ਆਸਾ ॥ ਕਾਲ ਗ੍ਰਸਤ ਸਭ ਲੋਗ ਸਿਆਨੇ ਉਠਿ ਪੰਡਿਤ ਪੈ ਚਲੇ ਨਿਰਾਸਾ ॥੧॥ ਮਨ ਰੇ ਸਰਿਓ ਨ ਏਕੈ ਕਾਜਾ ॥ ਭਜਿਓ ਨ ਰਘੁਪਤਿ ਰਾਜਾ ॥੧॥ ਰਹਾਉ ॥ ਬਨ ਖੰਡ ਜਾਇ ਜੋਗੁ ਤਪੁ ਕੀਨੋ ਕੰਦ ਮੂਲੁ ਚੁਨਿ ਖਾਇਆ ॥ ਨਾਦੀ ਬੇਦੀ ਸਬਦੀ ਮੋਨੀ

ਜਮ ਕੇ ਪਟੈ ਲਿਖਾਇਆ ॥੨॥ ਭਗਤਿ ਨਾਰਦੀ ਰਿਦੈ ਨ ਆਈ ਕਾਛਿ ਕੂਛਿ ਤਨੁ ਦੀਨਾ ॥ ਰਾਗ ਰਾਗਨੀ ਡਿੰਭ ਹੋਇ ਬੈਠਾ ਉਨਿ ਹਰਿ ਪਹਿ ਕਿਆ ਲੀਨਾ ॥੩॥ ਪਰਿਓ ਕਾਲੁ ਸਭੈ ਜਗ ਊਪਰ ਮਾਹਿ ਲਿਖੇ ਭ੍ਰਮ ਗਿਆਨੀ ॥ ਕਹੁ ਕਬੀਰ ਜਨ ਭਏ ਖਾਲਸੇ ਪ੍ਰੇਮ ਭਗਤਿ ਜਿਹ ਜਾਨੀ ॥੪॥੩॥ {ਪੰਨਾ 654}

ਪਦਅਰਥ:- ਕਰੀ—(ਜਿਨ੍ਹਾਂ ਸਿਆਣੇ ਲੋਕਾਂ ਨੇ) ਕੀਤੀ । ਕਰਮ—ਕਰਮ-ਕਾਂਡ । ਗ੍ਰਸਤ—ਗ੍ਰਸੇ ਹੋਏ । ਕਾਲ ਗ੍ਰਸਤ—ਮੌਤ ਦੇ ਡਰ ਵਿਚ ਗ੍ਰਸੇ ਹੋਏ । ਪੈ—ਭੀ । ਨਿਰਾਸਾ—ਆਸ ਪੂਰੀ ਹੋਣ ਤੋਂ ਬਿਨਾ ਹੀ ।੧।

ਸਰਿਓ ਨ—ਸਿਰੇ ਨਾਹ ਚੜ੍ਹਿਆ ।ਰਹਾਉ।

ਬਨ ਖੰਡ—ਜੰਗਲਾਂ ਵਿਚ । ਜਾਇ—ਜਾ ਕੇ । ਕੰਦ ਮੂਲੁ—ਗਾਜਰ ਮੂਲੀ ਆਦਿਕ । ਨਾਦੀ—ਜੋਗੀ । ਬੇਦੀ—ਕਰਮ-ਕਾਂਡੀ । ਸਬਦੀ—'ਅਲੱਖ' ਆਖਣ ਵਾਲੇ ਦੱਤ ਮਤ ਦੇ ਜੋਗੀ । ਮੋਨੀ—ਚੁੱਪ ਸਾਧਣ ਵਾਲੇ, ਸਮਾਧੀ ਵਿਚ ਟਿਕਣ ਵਾਲੇ । ਪਟੈ—ਲੇਖੇ ਵਿਚ ।੨।

ਭਗਤਿ ਨਾਰਦੀ—ਪ੍ਰੇਮਾ-ਭਗਤੀ । ਤਨੁ ਕਾਛਿ ਕੂਛਿ ਦੀਨਾ—ਸਰੀਰ ਨੂੰ ਸ਼ਿੰਗਾਰ ਲਿਆ, ਸਰੀਰ ਉੱਤੇ ਚੱਕਰ ਆਦਿਕ ਬਣਾ ਲਏ । ਡਿੰਭ—ਪਖੰਡ । ਉਨਿ—ਉਸ ਅਜਿਹੇ ਮਨੁੱਖ ਨੇ ।੩।

ਮਾਹਿ—ਵਿਚੇ ਹੀ । ਭ੍ਰਮ ਗਿਆਨੀ—ਭਰਮੀ ਗਿਆਨੀ । ਖਾਲਸੇ—ਆਜ਼ਾਦ । ਜਿਹ—ਜਿਨ੍ਹਾਂ ਨੇ ।੪।

ਅਰਥ:- ਹੇ ਮਨ! ਤੂੰ ਪ੍ਰਕਾਸ਼-ਰੂਪ ਪਰਮਾਤਮਾ ਦਾ ਭਜਨ ਨਹੀਂ ਕੀਤਾ, ਤੈਥੋਂ ਇਹ ਇੱਕ ਕੰਮ ਭੀ (ਜੋ ਕਰਨ-ਜੋਗ ਸੀ) ਨਹੀਂ ਹੋ ਸਕਿਆ ।੧।ਰਹਾਉ।

ਜਿਨ੍ਹਾਂ ਸਿਆਣੇ ਬੰਦਿਆਂ ਨੇ ਵੇਦ ਪੁਰਾਨ ਆਦਿਕਾਂ ਦੇ ਸਾਰੇ ਮਤ ਸੁਣ ਕੇ ਕਰਮ-ਕਾਂਡ ਦੀ ਆਸ ਰੱਖੀ, (ਇਹ ਆਸ ਰੱਖੀ ਕਿ ਕਰਮ-ਕਾਂਡ ਨਾਲ ਜੀਵਨ ਸੌਰੇਗਾ), ਉਹ ਸਾਰੇ (ਆਤਮਕ) ਮੌਤ ਵਿਚ ਹੀ ਗ੍ਰਸੇ ਰਹੇ । ਪੰਡਿਤ ਲੋਕ ਭੀ ਆਸ ਪੂਰੀ ਹੋਣ ਤੋਂ ਬਿਨਾ ਹੀ ਉੱਠ ਕੇ ਚਲੇ ਗਏ (ਜਗਤ ਤਿਆਗ ਗਏ) ।੧।

ਕਈ ਲੋਕਾਂ ਨੇ ਜੰਗਲਾਂ ਵਿਚ ਜਾ ਕੇ ਜੋਗ ਸਾਧੇ, ਤਪ ਕੀਤੇ, ਗਾਜਰ-ਮੂਲੀ ਆਦਿਕ ਚੁਣ ਖਾ ਕੇ ਗੁਜ਼ਾਰਾ ਕੀਤਾ; ਜੋਗੀ, ਕਰਮ-ਕਾਂਡੀ, 'ਅਲੱਖ' ਆਖਣ ਵਾਲੇ ਜੋਗੀ, ਮੋਨਧਾਰੀ—ਇਹ ਸਾਰੇ ਜਮ ਦੇ ਲੇਖੇ ਵਿਚ ਹੀ ਲਿਖੇ ਗਏ (ਭਾਵ, ਇਹਨਾਂ ਦੇ ਸਾਧਨ ਮੌਤ ਦੇ ਡਰ ਤੋਂ ਬਚਾ ਨਹੀਂ ਸਕਦੇ) ।੨।

ਜਿਸ ਮਨੁੱਖ ਨੇ ਸਰੀਰ ਉੱਤੇ ਤਾਂ (ਧਾਰਮਿਕ ਚਿੰਨ੍ਹ) ਚੱਕਰ ਆਦਿਕ ਲਾ ਲਏ ਹਨ, ਪਰ ਪ੍ਰੇਮਾ-ਭਗਤੀ ਉਸ ਦੇ ਹਿਰਦੇ ਵਿਚ ਪੈਦਾ ਨਹੀਂ ਹੋਈ, ਜੋ ਰਾਗ ਰਾਗਨੀਆਂ ਤਾਂ ਗਾਉਂਦਾ ਹੈ ਪਰ ਨਿਰਾ ਪਖੰਡ-ਮੂਰਤੀ ਹੀ ਬਣ ਬੈਠਾ ਹੈ, ਅਜਿਹੇ ਮਨੁੱਖ ਨੂੰ ਪਰਮਾਤਮਾ ਪਾਸੋਂ ਕੁਝ ਨਹੀਂ ਮਿਲਦਾ ।੩।

ਸਾਰੇ ਜਗਤ ਉੱਤੇ ਕਾਲ ਦਾ ਸਹਿਮ ਪਿਆ ਹੋਇਆ ਹੈ, ਭਰਮੀ ਗਿਆਨੀ ਭੀ ਉਸੇ ਹੀ ਲੇਖੇ ਵਿਚ ਲਿਖੇ ਗਏ ਹਨ (ਉਹ ਭੀ ਮੌਤ ਦੇ ਸਹਿਮ ਵਿਚ ਹੀ ਹਨ) । ਹੇ ਕਬੀਰ! ਆਖ—ਜਿਨ੍ਹਾਂ ਮਨੁੱਖਾਂ ਨੇ ਪ੍ਰੇਮਾ-ਭਗਤੀ ਕਰਨੀ ਸਮਝ ਲਈ ਹੈ ਉਹ (ਮੌਤ ਦੇ ਸਹਿਮ ਤੋਂ) ਆਜ਼ਾਦ ਹੋ ਗਏ ਹਨ ।੪।੩।

ਸ਼ਬਦ ਦਾ ਭਾਵ:- ਪਰਮਾਤਮਾ ਦਾ ਭਜਨ ਹੀ ਮਨੁੱਖ ਦੇ ਕਰਨ-ਜੋਗ ਕੰਮ ਹੈ । ਇਹੀ ਮੌਤ ਦੇ ਸਹਿਮ ਤੋਂ ਬਚਾਂਦਾ ਹੈ । ਕਰਮ-ਕਾਂਡ, ਜੋਗ, ਤਪ ਆਦਿਕ ਸਿਮਰਨ ਦੇ ਟਾਕਰੇ ਤੇ ਤੁੱਛ ਹਨ ।

ਘਰੁ ੨ ॥ ਦੁਇ ਦੁਇ ਲੋਚਨ ਪੇਖਾ ॥ ਹਉ ਹਰਿ ਬਿਨੁ ਅਉਰੁ ਨ ਦੇਖਾ ॥ ਨੈਨ ਰਹੇ ਰੰਗੁ ਲਾਈ ॥ ਅਬ ਬੇ ਗਲ ਕਹਨੁ ਨ ਜਾਈ ॥੧॥ ਹਮਰਾ ਭਰਮੁ ਗਇਆ ਭਉ ਭਾਗਾ ॥ ਜਬ ਰਾਮ ਨਾਮ ਚਿਤੁ ਲਾਗਾ ॥੧॥ ਰਹਾਉ ॥ ਬਾਜੀਗਰ ਡੰਕ ਬਜਾਈ ॥ ਸਭ ਖਲਕ ਤਮਾਸੇ ਆਈ ॥ ਬਾਜੀਗਰ ਸ੍ਵਾਂਗੁ ਸਕੇਲਾ ॥ ਅਪਨੇ ਰੰਗ ਰਵੈ ਅਕੇਲਾ ॥੨॥ ਕਥਨੀ ਕਹਿ ਭਰਮੁ ਨ ਜਾਈ ॥ ਸਭ ਕਥਿ ਕਥਿ ਰਹੀ ਲੁਕਾਈ ॥ ਜਾ ਕਉ ਗੁਰਮੁਖਿ ਆਪਿ ਬੁਝਾਈ ॥ ਤਾ ਕੇ ਹਿਰਦੈ ਰਹਿਆ ਸਮਾਈ ॥੩॥ ਗੁਰ ਕਿੰਚਤ ਕਿਰਪਾ ਕੀਨੀ ॥ ਸਭੁ ਤਨੁ ਮਨੁ ਦੇਹ ਹਰਿ ਲੀਨੀ ॥ ਕਹਿ ਕਬੀਰ ਰੰਗਿ ਰਾਤਾ ॥ ਮਿਲਿਓ ਜਗਜੀਵਨ ਦਾਤਾ ॥੪॥੪॥ {ਪੰਨਾ 655}

ਪਦਅਰਥ:- ਦੁਇ ਦੁਇ ਲੋਚਨ—ਦੁਹੀਂ ਦੁਹੀਂ ਅੱਖੀਂ, (ਭਾਵ, ਚੰਗੀ, ਤਰ੍ਹਾਂ ਅੱਖਾਂ ਖੋਲ੍ਹ ਕੇ, ਗਹੁ ਨਾਲ) । ਪੇਖਾ—ਪੇਖਾਂ, ਮੈਂ ਵੇਖਦਾ ਹਾਂ । ਹਉ—ਮੈਂ । ਅਉਰੁ—ਕੋਈ ਹੋਰ, ਕਿਸੇ ਹੋਰ ਨੂੰ । ਨ ਦੇਖਾ—ਨ ਦੇਖਾਂ, ਮੈਂ ਨਹੀਂ ਵੇਖਦਾ । ਨੈਨ—ਅੱਖਾਂ । ਰੰਗੁ—ਪਿਆਰ । ਰਹੇ ਲਾਈ—ਲਾਇ ਰਹੇ, ਲਾ ਰਹੇ ਹਨ । ਬੇ ਗਲ—ਕੋਈ ਹੋਰ ਗੱਲ ।੧।

ਭਰਮੁ—ਭੁਲੇਖਾ ।ਰਹਾਉ।

ਬਾਜੀਗਰ—ਤਮਾਸ਼ਾ ਕਰਨ ਵਾਲੇ (ਪ੍ਰਭੂ) ਨੇ । ਡੰਕ—ਡੁਗਡੁਗੀ । ਖਲਕ—ਖ਼ਲਕਤ । ਤਮਾਸੇ—ਤਮਾਸ਼ਾ ਵੇਖਣ । ਸ੍ਵਾਂਗੁ—ਸਾਂਗ, ਤਮਾਸ਼ਾ । ਸਕੇਲਾ—ਸਮੇਟਿਆ, ਸਾਂਭਦਾ ਹੈ । ਰੰਗ ਰਵੈ—ਮੌਜ ਵਿਚ ਰਹਿੰਦਾ ਹੈ ।੨।

ਕਥਨੀ ਕਹਿ—ਨਿਰੀਆਂ ਗੱਲਾਂ ਕਰ ਕੇ । ਸਭ ਲੁਕਾਈ—ਸਾਰੀ ਲੋਕਾਈ, ਸਾਰੀ ਸ੍ਰਿਸ਼ਟੀ । ਰਹੀ—ਥੱਕ ਗਈ । ਗੁਰਮੁਖਿ—ਗੁਰੂ ਦੀ ਰਾਹੀਂ । ਆਪਿ—ਪ੍ਰਭੂ ਆਪ । ਬੁਝਾਈ—ਸਮਝ ਬਖ਼ਸ਼ਦਾ ਹੈ ।੩।

ਕਿੰਚਤ—ਥੋੜੀ ਜਿਹੀ । ਹਰਿ ਲੀਨੀ—ਹਰੀ ਵਿਚ ਲੀਨ ਹੋ ਜਾਂਦਾ ਹੈ । ਰੰਗਿ—ਪਿਆਰ ਵਿਚ । ਰਾਤਾ—ਰੰਗਿਆ ਜਾਂਦਾ ਹੈ ।੪।

ਅਰਥ:- ਜਦੋਂ ਤੋਂ ਮੇਰਾ ਚਿੱਤ ਪਰਮਾਤਮਾ ਦੇ ਨਾਮ ਵਿਚ ਗਿੱਝ ਗਿਆ ਹੈ, ਮੇਰਾ ਭੁਲੇਖਾ ਦੂਰ ਹੋ ਗਿਆ ਹੈ (ਕਿ ਪ੍ਰਭੂ ਤੋਂ ਬਿਨਾ ਕੋਈ ਹੋਰ ਹਸਤੀ ਭੀ ਜਗਤ ਵਿਚ ਹੈ; ਇਸ ਭੁਲੇਖੇ ਦੇ ਦੂਰ ਹੋਣ ਨਾਲ) ਹੁਣ ਕੋਈ ਡਰ ਨਹੀਂ ਰਹਿ ਗਿਆ (ਕਿਉਂਕਿ ਡਰ ਤਾਂ ਕਿਸੇ ਓਪਰੇ ਪਾਸੋਂ ਹੀ ਹੋ ਸਕਦਾ ਹੈ) ।੧।ਰਹਾਉ।

(ਹੁਣ ਤਾਂ) ਮੈਂ (ਜਿੱਧਰ) ਅੱਖਾਂ ਖੋਲ੍ਹ ਕੇ ਤੱਕਦਾ ਹਾਂ, ਮੈਨੂੰ ਪਰਮਾਤਮਾ ਤੋਂ ਬਿਨਾ ਹੋਰ (ਓਪਰਾ) ਕੋਈ ਦਿੱਸਦਾ ਹੀ ਨਹੀਂ; ਮੇਰੀਆਂ ਅੱਖਾਂ (ਪ੍ਰਭੂ ਨਾਲ) ਪਿਆਰ ਲਾਈ ਬੈਠੀਆਂ ਹਨ (ਮੈਨੂੰ ਹਰ ਪਾਸੇ ਪ੍ਰਭੂ ਹੀ ਦਿੱਸਦਾ ਹੈ), ਹੁਣ ਮੈਥੋਂ ਕੋਈ ਹੋਰ ਗੱਲ ਆਖੀ ਹੀ ਨਹੀਂ ਜਾ ਸਕਦੀ (ਭਾਵ, ਮੈਂ ਹੁਣ ਇਹ ਆਖਣ-ਜੋਗਾ ਹੀ ਨਹੀਂ ਰਿਹਾ ਕਿ ਪ੍ਰਭੂ ਤੋਂ ਬਿਨਾ ਕੋਈ ਹੋਰ ਭੀ ਕਿਤੇ ਹੈ) ।੧।

(ਮੈਨੂੰ ਹੁਣ ਇਉਂ ਦਿੱਸਦਾ ਹੈ ਕਿ) ਜਦੋਂ ਪ੍ਰਭੂ-ਬਾਜ਼ੀਗਰ ਡੁਗਡੁਗੀ ਵਜਾਉਂਦਾ ਹੈ, ਤਾਂ ਸਾਰੀ ਖ਼ਲਕਤ (ਜਗਤ-) ਤਮਾਸ਼ਾ ਵੇਖਣ ਆ ਜਾਂਦੀ ਹੈ, ਤੇ ਜਦੋਂ ਉਹ ਬਾਜੀਗਰ ਖੇਲ ਸਮੇਟਦਾ ਹੈ, ਤਾਂ ਇਕੱਲਾ ਆਪ ਹੀ ਆਪ ਆਪਣੀ ਮੌਜ ਵਿਚ ਰਹਿੰਦਾ ਹੈ ।੨।

(ਪਰ ਇਹ ਦ੍ਵੈਤ ਦਾ) ਭੁਲੇਖਾ ਨਿਰੀਆਂ ਗੱਲਾਂ ਕਰਨ ਨਾਲ ਦੂਰ ਨਹੀਂ ਹੁੰਦਾ, ਨਿਰੀਆਂ ਗੱਲਾਂ ਕਰ ਕਰ ਕੇ ਤਾਂ

ਸਾਰੀ ਦੁਨੀਆ ਥੱਕ ਚੁੱਕੀ ਹੈ (ਕਿਸੇ ਦੇ ਅੰਦਰੋਂ ਦ੍ਵੈਤ-ਭਾਵ ਜਾਂਦੀ ਨਹੀਂ) । ਜਿਸ ਮਨੁੱਖ ਨੂੰ ਪਰਮਾਤਮਾ ਆਪ ਗੁਰੂ ਦੀ ਰਾਹੀਂ ਸੁਮੱਤ ਦੇਂਦਾ ਹੈ, ਉਸ ਦੇ ਹਿਰਦੇ ਵਿਚ ਉਹ ਸਦਾ ਟਿਕਿਆ ਰਹਿੰਦਾ ਹੈ ।੩।

ਕਬੀਰ ਆਖਦਾ ਹੈ—ਜਿਸ ਮਨੁੱਖ ਉੱਤੇ ਗੁਰੂ ਨੇ ਥੋੜੀ ਜਿਤਨੀ ਭੀ ਮਿਹਰ ਕਰ ਦਿੱਤੀ ਹੈ, ਉਸ ਦਾ ਤਨ ਤੇ ਮਨ ਸਭ ਹਰੀ ਵਿਚ ਲੀਨ ਹੋ ਜਾਂਦਾ ਹੈ, ਉਹ ਪ੍ਰਭੂ ਦੇ ਪਿਆਰ ਵਿਚ ਰੰਗਿਆ ਜਾਂਦਾ ਹੈ, ਉਸ ਨੂੰ ਉਹ ਪ੍ਰਭੂ ਮਿਲ ਪੈਂਦਾ ਹੈ ਜੋ ਸਾਰੇ ਜਗਤ ਨੂੰ ਜੀਵਨ ਦੇਣ ਵਾਲਾ ਹੈ ।੪।੪।੪।

ਸ਼ਬਦ ਦਾ ਭਾਵ:- ਪ੍ਰਭੂ ਨਾਲ ਮਿਲਾਪ-ਅਵਸਥਾ ਵਿਚ ਹਰ ਥਾਂ ਪ੍ਰਭੂ ਹੀ ਦਿੱਸਦਾ ਹੈ, ਇਹ ਜਗਤ ਉਸੇ ਦੀ ਹੀ ਬਣਾਈ ਹੋਈ ਖੇਡ ਪ੍ਰਤੀਤ ਹੁੰਦੀ ਹੈ । ਪਰ ਇਹ ਅਵਸਥਾ ਗੁਰੂ ਦੀ ਮਿਹਰ ਨਾਲ ਆਪਾ-ਭਾਵ ਦੂਰ ਕੀਤਿਆਂ ਮਿਲਦੀ ਹੈ ।੪।

ਜਾ ਕੇ ਨਿਗਮ ਦੂਧ ਕੇ ਠਾਟਾ ॥ ਸਮੁੰਦੁ ਬਿਲੋਵਨ ਕਉ ਮਾਟਾ ॥ ਤਾ ਕੀ ਹੋਹੁ ਬਿਲੋਵਨਹਾਰੀ ॥ ਕਿਉ ਮੇਟੈ ਗੋ ਛਾਛਿ ਤੁਹਾਰੀ ॥੧॥ ਚੇਰੀ ਤੂ ਰਾਮੁ ਨ ਕਰਸਿ ਭਤਾਰਾ ॥ ਜਗਜੀਵਨ ਪ੍ਰਾਨ ਅਧਾਰਾ ॥੧॥ ਰਹਾਉ ॥ ਤੇਰੇ ਗਲਹਿ ਤਉਕੁ ਪਗ ਬੇਰੀ ॥ ਤੂ ਘਰ ਘਰ ਰਮਈਐ ਫੇਰੀ ॥ ਤੂ ਅਜਹੁ ਨ ਚੇਤਸਿ ਚੇਰੀ ॥ ਤੂ ਜਮਿ ਬਪੁਰੀ ਹੈ ਹੇਰੀ ॥੨॥ ਪ੍ਰਭ ਕਰਨ ਕਰਾਵਨਹਾਰੀ ॥ ਕਿਆ ਚੇਰੀ ਹਾਥ ਬਿਚਾਰੀ ॥ ਸੋਈ ਸੋਈ ਜਾਗੀ ॥ ਜਿਤੁ ਲਾਈ ਤਿਤੁ ਲਾਗੀ ॥੩॥ ਚੇਰੀ ਤੈ ਸੁਮਤਿ ਕਹਾਂ ਤੇ ਪਾਈ ॥ ਜਾ ਤੇ ਭ੍ਰਮ ਕੀ ਲੀਕ ਮਿਟਾਈ ॥ ਸੁ ਰਸੁ ਕਬੀਰੈ ਜਾਨਿਆ ॥ ਮੇਰੋ ਗੁਰ ਪ੍ਰਸਾਦਿ ਮਨੁ ਮਾਨਿਆ ॥੪॥੫॥ {ਪੰਨਾ 655}

ਪਦਅਰਥ:- ਨਿਗਮ—ਵੇਦ ਆਦਿਕ ਧਰਮ-ਪੁਸਤਕ । ਠਾਟਾ—ਠਣ, {Skt. Ôqn} । ਦੂਧ ਕੇ ਠਾਟਾ—ਦੁੱਧ ਦੇ ਥਣ, ਦੁੱਧ ਦਾ ਸੋਮਾ, ਅੰਮ੍ਰਿਤ ਦਾ ਸੋਮਾ । ਸਮੁੰਦੁ—(ਭਾਵ,) ਸਤਸੰਗ । ਬਿਲੋਵਨ ਕਉ—ਰਿੜਕਣ ਲਈ । ਮਾਟਾ—ਚਾਟੀ (ਨੋਟ:- ਜਿਵੇਂ ਚਾਟੀ ਵਿਚ ਦੁੱਧ ਰਿੜਕਦੀ ਹੈ, ਤਿਵੇਂ ਸਤਸੰਗ ਵਿਚ ਧਰਮ-ਪੁਸਤਕ ਵਿਚਾਰੀਦੇ ਹਨ) । ਹੋਹੁ—ਬਣ । ਤਾ ਕੀ—(ਜਾ ਕੇ.........ਜਿਸ ਪ੍ਰਭੂ ਦੇ.........) ਉਸ ਪ੍ਰਭੂ ਦੀ । ਛਾਛਿ—ਲੱਸੀ, (ਭਾਵ, ਸਾਧਾਰਨ ਅਨੰਦ ਜੋ ਬਾਣੀ ਦੀ ਵਿਚਾਰ ਤੋਂ ਮਿਲ ਸਕਦਾ ਹੈ) ।੧।

ਚੇਰੀ—ਹੇ ਦਾਸੀ! ਹੇ ਜੀਵ-ਇਸਤ੍ਰੀ! ਹੇ ਜਿੰਦੇ! ਨ ਕਰਸਿ—ਤੂੰ (ਕਿਉਂ) ਨਹੀਂ ਕਰਦੀ? ਅਧਾਰਾ—ਆਸਰਾ ।੧।ਰਹਾਉ।

ਅਜਹੁ—ਅਜੇ ਤਕ । ਗਲਹਿ—ਗਲ ਵਿਚ । ਤਉਕੁ—ਲੋਹੇ ਦਾ ਕੜਾ ਜੋ ਗ਼ੁਲਾਮਾਂ ਦੇ ਗਲ ਵਿਚ ਪਾਇਆ ਜਾਂਦਾ ਸੀ, ਮੋਹ ਦਾ ਪਟਾ । ਪਗ—ਪੈਰਾਂ ਵਿਚ । ਬੇਰੀ—ਆਸਾਂ ਦੀ ਬੇੜੀ । ਤੂ ਬਪੁਰੀ—ਤੈਨੂੰ ਨਿਮਾਣੀ ਨੂੰ । ਜਮਿ—ਜਮ ਨੇ । ਹੇਰੀ—ਤੱਕ ਵਿਚ ਰੱਖਿਆ ਹੋਇਆ ਹੈ ।੨।

ਸੋਈ ਸੋਈ—ਕਈ ਜਨਮਾਂ ਦੀ ਸੁੱਤੀ ਹੋਈ । ਜਿਤੁ—ਜਿੱਧਰ ।੩।

ਸੁਮਤਿ—ਚੰਗੀ ਮੱਤ । ਜਾ ਤੇ—ਜਿਸ ਦੀ ਬਰਕਤਿ ਨਾਲ । ਭ੍ਰਮ ਕੀ ਲੀਕ—ਭਰਮ ਭਟਕਣਾਂ ਦੀ ਲਕੀਰ, ਉਹ ਸੰਸਕਾਰ ਜੋ ਭਟਕਣਾਂ ਵਿਚ ਪਾਈ ਰੱਖਦੇ ਸਨ । ਰਸੁ—ਆਤਮਕ ਅਨੰਦ ।੪।

ਅਰਥ:- ਹੇ ਜਿੰਦੇ! ਤੂੰ ਉਸ ਪਰਮਾਤਮਾ ਨੂੰ ਕਿਉਂ ਆਪਣਾ ਖਸਮ ਨਹੀਂ ਬਣਾਉਂਦੀ ਜੋ ਜਗਤ ਦਾ ਜੀਵਨ ਹੈ ਤੇ ਸਭ ਦੇ ਪ੍ਰਾਣਾਂ ਦਾ ਆਸਰਾ ਹੈ? ।੧।ਰਹਾਉ।

(ਹੇ ਜਿੰਦੇ!) ਤੂੰ ਉਸ ਪ੍ਰਭੂ ਦੇ ਨਾਮ ਦੀ ਰਿੜਕਣ ਵਾਲੀ ਬਣ (ਭਾਵ, ਤੂੰ ਉਸ ਪ੍ਰਭੂ ਦੇ ਨਾਮ ਵਿਚ ਚਿੱਤ ਜੋੜ), ਵੇਦ ਆਦਿਕ ਧਰਮ-ਪੁਸਤਕ ਜਿਸ ਦੇ (ਨਾਮ-ਅੰਮ੍ਰਿਤ) ਦੁੱਧ ਦੇ ਸੋਮੇ ਹਨ ਤੇ ਸਤਸੰਗ ਉਸ ਦੁੱਧ ਦੇ ਰਿੜਕਣ ਲਈ ਚਾਟੀ ਹੈ । (ਹੇ ਜਿੰਦੇ! ਜੇ ਤੈਨੂੰ ਹਰਿ-ਮਿਲਾਪ ਨਸੀਬ ਨਾਹ ਹੋਇਆ, ਤਾਂ ਭੀ) ਉਹ ਪ੍ਰਭੂ (ਸਤਸੰਗ ਵਿਚ ਬੈਠ ਕੇ ਧਰਮ-ਪੁਸਤਕਾਂ ਦੇ ਵਿਚਾਰਨ ਦਾ) ਤੇਰਾ ਸਾਧਾਰਨ ਅਨੰਦ ਨਹੀਂ ਮਿਟਾਇਗਾ ।੧।

ਹੇ ਜਿੰਦੇ! ਤੇਰੇ ਗਲ ਵਿਚ ਮੋਹ ਦਾ ਪਟਾ ਤੇ ਤੇਰੇ ਪੈਰਾਂ ਵਿਚ ਆਸਾਂ ਦੀਆਂ ਬੇੜੀਆਂ ਹੋਣ ਕਰਕੇ ਤੈਨੂੰ ਪਰਮਾਤਮਾ ਨੇ ਘਰ ਘਰ (ਕਈ ਜੂਨਾਂ ਵਿਚ) ਫਿਰਾਇਆ ਹੈ, (ਹੁਣ ਭਾਗਾਂ ਨਾਲ ਕਿਤੇ ਮਨੁੱਖਾ-ਜਨਮ ਮਿਲਿਆ ਸੀ) ਹੁਣ ਭੀ ਤੂੰ ਉਸ ਪ੍ਰਭੂ ਨੂੰ ਯਾਦ ਨਹੀਂ ਕਰਦੀ, ਹੇ ਭਾਗ-ਹੀਣ! ਤੈਨੂੰ ਜਮ ਨੇ ਆਪਣੀ ਤੱਕ ਵਿਚ ਰੱਖਿਆ ਹੋਇਆ ਹੈ (ਭਾਵ, ਮੌਤ ਆਇਆਂ ਫਿਰ ਪਤਾ ਨਹੀਂ ਕਿਸ ਲੰਮੇ ਗੇੜ ਵਿਚ ਪੈ ਜਾਇੰਗੀ) ।੨।

ਪਰ ਇਸ ਵਿਚਾਰੀ ਜਿੰਦ ਦੇ ਭੀ ਕੀਹ ਵੱਸ? ਸਭ ਕੁਝ ਕਰਨ ਕਰਾਉਣ ਵਾਲਾ ਪ੍ਰਭੂ ਆਪ ਹੀ ਹੈ । ਇਹ ਕਈ ਜਨਮਾਂ ਦੀ ਸੁੱਤੀ ਹੋਈ ਜਿੰਦ (ਤਦੋਂ ਹੀ) ਜਾਗਦੀ ਹੈ (ਜਦੋਂ ਉਹ ਆਪ ਜਗਾਉਂਦਾ ਹੈ, ਕਿਉਂਕਿ) ਜਿੱਧਰ ਉਹ ਇਸ ਨੂੰ ਲਾਉਂਦਾ ਹੈ ਉਧਰ ਹੀ ਇਹ ਲੱਗਦੀ ਹੈ ।੩।

(ਉਸ ਦੀ ਮਿਹਰ ਨਾਲ ਜਾਗੀ ਹੋਈ ਜਿੰਦ ਨੂੰ ਜੱਗਿਆਸੂ ਜਿੰਦ ਪੁੱਛਦੀ ਹੈ) ਹੇ (ਭਾਗਾਂ ਵਾਲੀਏ) ਜਿੰਦੇ! ਤੈਨੂੰ ਕਿੱਥੋਂ ਇਹ ਸੁਮੱਤ ਮਿਲੀ ਹੈ, ਜਿਸ ਦੀ ਬਰਕਤਿ ਨਾਲ ਤੇਰੇ ਉਹ ਸੰਸਕਾਰ ਮਿਟ ਗਏ ਹਨ, ਜੋ ਤੈਨੂੰ ਭਟਕਣਾ ਵਿਚ ਪਾਈ ਰੱਖਦੇ ਸਨ; (ਅੱਗੋਂ ਜਾਗੀ ਹੋਈ ਜਿੰਦ ਉੱਤਰ ਦੇਂਦੀ ਹੈ) ਹੇ ਕਬੀਰ! ਸਤਿਗੁਰੂ ਦੀ ਕਿਰਪਾ ਨਾਲ ਮੇਰੀ ਉਸ ਆਤਮਕ ਆਨੰਦ ਨਾਲ ਜਾਣ-ਪਛਾਣ ਹੋ ਗਈ ਹੈ, ਤੇ ਮੇਰਾ ਮਨ ਉਸ ਵਿਚ ਪਰਚ ਗਿਆ ਹੈ ।੪।੫।

ਸ਼ਬਦ ਦਾ ਭਾਵ:- ਸਿਮਰਨ ਤੋਂ ਬਿਨਾ ਜੀਵ ਮਾਇਆ ਦੇ ਮੋਹ ਦੇ ਬੰਧਨਾਂ ਵਿਚ ਜਕੜਿਆ ਰਹਿੰਦਾ ਹੈ । ਜਿਸ ਉੱਤੇ ਪ੍ਰਭੂ ਦੀ ਮਿਹਰ ਹੋਵੇ, ਉਹ ਗੁਰੂ ਦੀ ਸ਼ਰਨ ਪੈ ਕੇ ਨਾਮ-ਰਸ ਮਾਣਦਾ ਹੈ ਤੇ ਜਨਮ-ਮਰਨ ਦੇ ਗੇੜ ਤੋਂ ਬਚ ਜਾਂਦਾ ਹੈ ।

ਜਿਹ ਬਾਝੁ ਨ ਜੀਆ ਜਾਈ ॥ ਜਉ ਮਿਲੈ ਤ ਘਾਲ ਅਘਾਈ ॥ ਸਦ ਜੀਵਨੁ ਭਲੋ ਕਹਾਂਹੀ ॥ ਮੂਏ ਬਿਨੁ ਜੀਵਨੁ ਨਾਹੀ ॥੧॥ ਅਬ ਕਿਆ ਕਥੀਐ ਗਿਆਨੁ ਬੀਚਾਰਾ ॥ ਨਿਜ ਨਿਰਖਤ ਗਤ ਬਿਉਹਾਰਾ ॥੧॥ ਰਹਾਉ ॥ ਘਸਿ ਕੁੰਕਮ ਚੰਦਨੁ ਗਾਰਿਆ ॥ ਬਿਨੁ ਨੈਨਹੁ ਜਗਤੁ ਨਿਹਾਰਿਆ ॥ ਪੂਤਿ ਪਿਤਾ ਇਕੁ ਜਾਇਆ ॥ ਬਿਨੁ ਠਾਹਰ ਨਗਰੁ ਬਸਾਇਆ ॥੨॥ ਜਾਚਕ ਜਨ ਦਾਤਾ ਪਾਇਆ ॥ ਸੋ ਦੀਆ ਨ ਜਾਈ ਖਾਇਆ ॥ ਛੋਡਿਆ ਜਾਇ ਨ ਮੂਕਾ ॥ ਅਉਰਨ ਪਹਿ ਜਾਨਾ ਚੂਕਾ ॥੩॥ ਜੋ ਜੀਵਨ ਮਰਨਾ ਜਾਨੈ ॥ ਸੋ ਪੰਚ ਸੈਲ ਸੁਖ ਮਾਨੈ ॥ ਕਬੀਰੈ ਸੋ ਧਨੁ ਪਾਇਆ ॥ ਹਰਿ ਭੇਟਤ ਆਪੁ ਮਿਟਾਇਆ ॥੪॥੬॥ {ਪੰਨਾ 655}

ਪਦਅਰਥ:- ਜਿਹ ਬਾਝੁ—(ਉਹ "ਜੀਵਨੁ ਮੂਏ ਬਿਨੁ ਨਾਹੀ") ਜਿਸ ਆਤਮਕ ਜੀਵਨ ਤੋਂ ਬਿਨਾ । ਜਉ—ਜੇ (ਉਹ ਰੱਬੀ ਜੀਵਨ) । ਘਾਲ ਅਘਾਈ—ਮਿਹਨਤ ਰੱਜ ਜਾਂਦੀ ਹੈ, ਘਾਲ-ਕਮਾਈ ਸਫਲ ਹੋ ਜਾਂਦੀ ਹੈ । ਕਹਾਂਹੀ—(ਲੋਕ) ਆਖਦੇ ਹਨ, ਕਹਹਿ । ਭਲੋ—ਭਲਾ, ਚੰਗਾ, ਸੁਹਣਾ । ਸਦ ਜੀਵਨੁ—(ਇਸ) ਅਟੱਲ ਜੀਵਨ (ਨੂੰ) । ਮੂਏ ਬਿਨੁ—(ਚਸਕਿਆਂ ਵਲੋਂ) ਮਰਨ ਤੋਂ ਬਿਨਾ, ਆਪਾ-ਭਾਵ ਛੱਡਣ ਤੋਂ ਬਿਨਾ ।੧।

ਅਬ—ਹੁਣ (ਜਦੋਂ "ਗਿਆਨੁ ਬੀਚਾਰਾ") ਗਿਆਨੁ ਬੀਚਾਰਾ—(ਜਦੋਂ ਉਸ ਸਦ-ਜੀਵਨ) ਦੇ ਗਿਆਨ ਨੂੰ

ਵਿਚਾਰ ਲਿਆ ਹੈ, ਜਦੋਂ ਉਸ ਅਟੱਲ ਜੀਵਨ ਦੀ ਸਮਝ ਪੈ ਗਈ ਹੈ । ਨਿਜ ਨਿਰਖਤ—ਮੇਰੇ ਵੇਂਹਦਿਆਂ । ਗਤ ਬਿਉਹਾਰਾ—ਬਦਲਣ ਵਾਲਾ ਵਿਹਾਰ, ਬਦਲਣ ਵਾਲੀ ਚਾਲ ।੧।ਰਹਾਉ।

ਘਸਿ—ਰਗੜ ਕੇ, (ਭਾਵ, ਆਪਾ-ਭਾਵ ਮਿਟਾਉਣ ਦੀ ਮਿਹਨਤ ਕਰ ਕੇ) । ਕੁੰਕਮ—ਕੇਸਰ । ਗਾਰਿਆ—ਗਾਲ ਲਿਆ ਹੈ, ਰਲਾ ਕੇ ਇੱਕ ਕਰ ਦਿੱਤਾ ਹੈ । ਕੁੰਕਮ ਚੰਦਨੁ—(ਜੀਵਨ-ਸੁਗੰਧੀ ਦੇਣ ਵਾਲੇ) ਆਤਮਾ ਤੇ ਪਰਮਾਤਮਾ । ਬਿਨੁ ਨੈਨਹੁ—ਅੱਖਾਂ ਤੋਂ ਬਿਨਾ, ਇਹਨਾਂ ਅੱਖਾਂ ਨੂੰ ਰੂਪ ਆਦਿਕ ਤੱਕਣ ਦੀ ਬਾਣ ਵਲੋਂ ਹਟਾ ਕੇ । ਨਿਹਾਰਿਆ—ਵੇਖ ਲਿਆ ਹੈ । ਪੂਤਿ—ਪੁੱਤਰ ਨੇ, ਜੀਵਾਤਮਾ ਨੇ । ਇਕੁ ਪਿਤਾ—ਇੱਕ ਪ੍ਰਭੂ-ਪਿਤਾ ਨੂੰ । ਜਾਇਆ—ਪੈਦਾ ਕਰ ਲਿਆ ਹੈ, (ਆਪਣੇ ਅੰਦਰ) ਪਰਗਟ ਕਰ ਲਿਆ ਹੈ । ਬਿਨੁ ਠਾਹਰ—ਜਿਸ ਦਾ ਕੋਈ ਥਾਂ ਨਹੀਂ ਸੀ, ਜੋ ਕਿਸੇ ਇੱਕ ਥਾਂ ਟਿਕਦਾ ਨਹੀਂ ਸੀ, ਜੋ ਸਦਾ ਭਟਕਦਾ ਰਹਿੰਦਾ ਸੀ ।੨।

ਜਾਚਕ—ਮੰਗਤਾ । ਨ ਜਾਈ ਖਾਇਆ—ਖਾਧਿਆਂ ਮੁੱਕਦਾ ਨਹੀਂ । ਸੋ—ਉਹ ਕੁਝ, ਇਤਨੀ ਆਤਮਕ ਦਾਤ । ਨ ਮੂਕਾ—ਨਹੀਂ ਮੁੱਕਦਾ । ਪਹਿ—ਪਾਸ, ਕੋਲ । ਚੂਕਾ—ਖ਼ਤਮ ਹੋ ਗਿਆ ਹੈ ।੩।

ਜੋ—ਜੋ ਮਨੁੱਖ । ਜੀਵਨ ਮਰਨਾ—(ਇਸ ਸਦ-) ਜੀਵਨ ਲਈ ਆਪਾ-ਭਾਵ ਮਿਟਾਉਣਾ । ਸੈਲ—ਸਿਲਾ ਵਰਗਾ, ਪਹਾੜ ਵਰਗਾ ਅਟੱਲ । ਮਾਨੈ—ਮਾਣਦਾ ਹੈ । ਪੰਚ—ਸੰਤ । ਕਬੀਰੈ—ਕਬੀਰ ਨੇ । ਆਪੁ—ਆਪਾ-ਭਾਵ ।੪।

ਅਰਥ:- ਜਿਸ (ਸਦਾ-ਥਿਰ ਰਹਿਣ ਵਾਲੇ ਆਤਮਕ ਜੀਵਨ) ਤੋਂ ਬਿਨਾ ਜੀਵਿਆ ਹੀ ਨਹੀਂ ਜਾ ਸਕਦਾ, ਤੇ ਜੇ ਉਹ ਜੀਵਨ ਮਿਲ ਜਾਏ ਤਾਂ ਘਾਲ ਸਫਲ ਹੋ ਜਾਂਦੀ ਹੈ, ਜੋ ਜੀਵਨ ਸਦਾ ਕਾਇਮ ਰਹਿਣ ਵਾਲਾ ਹੈ, ਤੇ ਜਿਸ ਨੂੰ ਲੋਕ ਸੁਹਣਾ ਜੀਵਨ ਆਖਦੇ ਹਨ, ਉਹ ਜੀਵਨ ਆਪਾ-ਭਾਵ ਤਿਆਗਣ ਤੋਂ ਬਿਨਾ ਨਹੀਂ ਮਿਲ ਸਕਦਾ ।੧।

ਜਦੋਂ ਉਸ 'ਸਦ-ਜੀਵਨ' ਦੀ ਸਮਝ ਪੈ ਜਾਂਦੀ ਹੈ ਤਦੋਂ ਉਸ ਦੇ ਬਿਆਨ ਕਰਨ ਦੀ ਲੋੜ ਨਹੀਂ ਰਹਿੰਦੀ । (ਉਂਞ ਉਸ ਦਾ ਸਿੱਟਾ ਇਹ ਨਿਕਲਦਾ ਹੈ ਕਿ) ਆਪਣੇ ਵੇਂਹਦਿਆਂ ਹੀ (ਜਗਤ ਦੀ ਸਦਾ) ਬਦਲਦੇ ਰਹਿਣ ਦੀ ਚਾਲ ਵੇਖ ਲਈਦੀ ਹੈ (ਭਾਵ, ਇਹ ਵੇਖ ਲਈਦਾ ਹੈ ਕਿ ਜਗਤ ਸਦਾ ਬਦਲ ਰਿਹਾ ਹੈ, ਪਰ ਆਪਾ ਮਿਟਾਇਆਂ ਮਿਲਿਆ ਜੀਵਨ ਅਟੱਲ ਰਹਿੰਦਾ ਹੈ) ।੧।ਰਹਾਉ।

ਜਿਸ ਪੁੱਤਰ (ਜੀਵਾਤਮਾ) ਨੇ ਘਾਲ-ਕਮਾਈ ਕਰ ਕੇ ਆਪਣੀ ਜਿੰਦ ਨੂੰ ਪ੍ਰਭੂ ਵਿਚ ਮਿਲਾ ਦਿੱਤਾ ਹੈ, ਉਸ ਨੇ ਆਪਣੀਆਂ ਅੱਖਾਂ ਨੂੰ ਜਗਤ-ਤਮਾਸ਼ੇ ਵਲੋਂ ਹਟਾ ਕੇ ਜਗਤ (ਦੀ ਅਸਲੀਅਤ) ਨੂੰ ਵੇਖ ਲਿਆ ਹੈ । ਉਸ ਨੇ ਆਪਣੇ ਅੰਦਰ ਆਪਣੇ ਪਿਤਾ-ਪ੍ਰਭੂ ਨੂੰ ਪਰਗਟ ਕਰ ਲਿਆ ਹੈ, ਪਹਿਲਾਂ ਉਹ ਸਦਾ ਬਾਹਰ ਭਟਕਦਾ ਸੀ, ਹੁਣ (ਉਸ ਨੇ ਆਪਣੇ ਅੰਦਰ, ਮਾਨੋ,) ਸ਼ਹਿਰ ਵਸਾ ਲਿਆ ਹੈ (ਭਾਵ, ਉਸ ਦੇ ਅੰਦਰ ਉਹ ਸੁੰਦਰ ਗੁਣ ਪੈਦਾ ਹੋ ਗਏ ਹਨ ਕਿ ਹੁਣ ਉਹ ਬਾਹਰ ਨਹੀਂ ਭਟਕਦਾ) ।੨।

ਜੋ ਮਨੁੱਖ ਮੰਗਤਾ (ਬਣ ਕੇ ਪ੍ਰਭੂ ਦੇ ਦਰ ਤੋਂ ਮੰਗਦਾ) ਹੈ ਉਸ ਨੂੰ ਦਾਤਾ-ਪ੍ਰਭੂ ਆਪ ਮਿਲ ਪੈਂਦਾ ਹੈ, ਉਸ ਨੂੰ ਉਹ ਇਤਨੀ ਆਤਮਕ ਜੀਵਨ ਦੀ ਦਾਤ ਬਖ਼ਸ਼ਦਾ ਹੈ ਜੋ ਖ਼ਰਚਿਆਂ ਖ਼ਤਮ ਨਹੀਂ ਹੁੰਦੀ । ਉਸ ਦਾਤ ਨੂੰ ਨਾਹ ਛੱਡਣ ਨੂੰ ਜੀ ਕਰਦਾ ਹੈ, ਨਾਹ ਉਹ ਮੁੱਕਦੀ ਹੈ, (ਤੇ ਉਸ ਦੀ ਬਰਕਤਿ ਨਾਲ) ਹੋਰਨਾਂ ਦੇ ਦਰ ਤੇ ਭਟਕਣਾ ਮੁੱਕ ਜਾਂਦੀ ਹੈ ।੩।

ਜੋ ਮਨੁੱਖ ਇਸ ਆਤਮਕ ਅਟੱਲ ਜੀਵਨ ਦੀ ਖ਼ਾਤਰ ਆਪਾ-ਭਾਵ ਮਿਟਾਉਣ ਦੀ ਜਾਚ ਸਿੱਖ ਲੈਂਦਾ ਹੈ, ਉਹ ਸੰਤਾਂ ਵਾਲੇ ਅਟੱਲ ਆਤਮਕ ਸੁਖ ਨੂੰ ਮਾਣਦਾ ਹੈ । ਮੈਂ ਕਬੀਰ ਨੇ (ਭੀ) ਉਹ (ਆਤਮਕ ਜੀਵਨ-ਰੂਪ) ਧਨ ਪ੍ਰਾਪਤ ਕਰ ਲਿਆ ਹੈ, ਤੇ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਆਪਾ-ਭਾਵ ਮਿਟਾ ਲਿਆ ਹੈ ।੪।੬।

ਸ਼ਬਦ ਦਾ ਭਾਵ:- ਉੱਚਾ ਆਤਮਕ ਜੀਵਨ ਆਪਾ-ਭਾਵ ਮਿਟਾਇਆਂ ਹੀ ਮਿਲਦਾ ਹੈ । ਜਿਸ ਮਨੁੱਖ ਨੇ ਆਪਾ-ਭਾਵ ਮਿਟਾ ਲਿਆ ਹੈ, ਉਸ ਦਾ ਮਨ ਜਗਤ ਦੇ ਰੰਗ-ਤਮਾਸ਼ਿਆਂ ਵਿਚ ਨਹੀਂ ਫਸਦਾ ।

ਕਿਆ ਪੜੀਐ ਕਿਆ ਗੁਨੀਐ ॥ ਕਿਆ ਬੇਦ ਪੁਰਾਨਾਂ ਸੁਨੀਐ ॥ ਪੜੇ ਸੁਨੇ ਕਿਆ ਹੋਈ ॥ ਜਉ ਸਹਜ ਨ ਮਿਲਿਓ ਸੋਈ ॥੧॥ ਹਰਿ ਕਾ ਨਾਮੁ ਨ ਜਪਸਿ ਗਵਾਰਾ ॥ ਕਿਆ ਸੋਚਹਿ ਬਾਰੰ ਬਾਰਾ ॥੧॥ ਰਹਾਉ ॥ ਅੰਧਿਆਰੇ ਦੀਪਕੁ ਚਹੀਐ ॥ ਇਕ ਬਸਤੁ ਅਗੋਚਰ ਲਹੀਐ ॥ ਬਸਤੁ ਅਗੋਚਰ ਪਾਈ ॥ ਘਟਿ ਦੀਪਕੁ ਰਹਿਆ ਸਮਾਈ ॥੨॥ ਕਹਿ ਕਬੀਰ ਅਬ ਜਾਨਿਆ ॥ ਜਬ ਜਾਨਿਆ ਤਉ ਮਨੁ ਮਾਨਿਆ ॥ ਮਨ ਮਾਨੇ ਲੋਗੁ ਨ ਪਤੀਜੈ ॥ ਨ ਪਤੀਜੈ ਤਉ ਕਿਆ ਕੀਜੈ ॥੩॥੭॥ {ਪੰਨਾ 655-656}

ਪਦਅਰਥ:- ਕਿਆ—ਕੀਹ ਲਾਭ? ਗੁਨੀਐ {Skt. gx} ਵਿਚਾਰੀਏ । ਕਿਆ ਹੋਈ—ਕੋਈ ਲਾਭ ਨਹੀਂ ਹੋਵੇਗਾ । ਜਉ—ਜੇ । ਸਹਜ—{Skt. shj—as a natural result of} ਕੁਦਰਤੀ ਨਤੀਜੇ ਦੇ ਤੌਰ ਤੇ, ਸੁਭਾਵਿਕ ਹੀ । ਸੋਈ—ਉਹ ਪ੍ਰਭੂ ।੧।

ਨ ਜਪਸਿ—ਤੂੰ ਨਹੀਂ ਜਪਦਾ । ਗਵਾਰਾ—ਹੇ ਗੰਵਾਰ! ਹੇ ਮੂਰਖ! ਬਾਰੰ ਬਾਰਾ—ਮੁੜ ਮੁੜ ।੧।ਰਹਾਉ।

ਅੰਧਿਆਰੇ—ਹਨੇਰੇ ਵਿਚ । ਚਹੀਐ—ਚਾਹੀਦਾ ਹੈ, ਲੋੜ ਹੁੰਦੀ ਹੈ । ਅਗੋਚਰ—ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ {ਅ-ਗੋ-ਚਰ} । ਲਹੀਐ—ਲੱਭ ਪਏ । ਪਾਈ—(ਜਿਸ ਨੇ) ਲੱਭ ਲਈ । ਘਟਿ—(ਉਸ ਦੇ) ਹਿਰਦੇ ਵਿਚ । ਸਮਾਈ ਰਹਿਆ—ਅਡੋਲ ਜਗਦਾ ਰਹਿੰਦਾ ਹੈ ।੨।

ਕਹਿ—ਕਹੇ, ਕਹਿੰਦਾ ਹੈ । ਅਬ—ਹੁਣ (ਜਦੋਂ 'ਅਗੋਚਰ ਬਸਤੁ' ਲੱਭ ਪਈ ਹੈ) । ਜਾਨਿਆ—ਜਾਣ ਲਿਆ ਹੈ, ਸੂਝ ਪੈ ਗਈ ਹੈ, ਜਾਣ-ਪਛਾਣ ਹੋ ਗਈ ਹੈ । ਮਾਨਿਆ—ਮੰਨ ਗਿਆ, ਪਤੀਜ ਗਿਆ ਹੈ, ਸੰਤੁਸ਼ਟ ਹੋ ਗਿਆ ਹੈ । ਤਉ—ਤਾਂ । ਕਿਆ ਕੀਜੈ—ਕੀਹ ਕੀਤਾ ਜਾਏ? ਕੋਈ ਮੁਥਾਜੀ ਨਹੀਂ ਹੁੰਦੀ ।੩।

ਅਰਥ:- ਹੇ ਮੂਰਖ! ਤੂੰ ਪਰਮਾਤਮਾ ਦਾ ਨਾਮ (ਤਾਂ) ਸਿਮਰਦਾ ਨਹੀਂ (ਨਾਮ ਨੂੰ ਵਿਸਾਰ ਕੇ) ਮੁੜ ਮੁੜ ਹੋਰ ਸੋਚਾਂ ਸੋਚਣ ਦਾ ਤੈਨੂੰ ਕੀਹ ਲਾਭ ਹੋਵੇਗਾ? ।੧।ਰਹਾਉ।

(ਹੇ ਗੰਵਾਰ!) ਵੇਦ ਪੁਰਾਣ ਆਦਿਕ ਧਰਮ-ਪੁਸਤਕਾਂ ਨਿਰੇ ਪੜ੍ਹਨ ਸੁਣਨ ਤੋਂ ਕੋਈ ਫ਼ਾਇਦਾ ਨਹੀਂ, ਜੇ ਇਸ ਪੜ੍ਹਨ ਸੁਣਨ ਦੇ ਕੁਦਰਤੀ ਨਤੀਜੇ ਦੇ ਤੌਰ ਤੇ ਉਸ ਪ੍ਰਭੂ ਦਾ ਮਿਲਾਪ ਨਾਹ ਹੋਵੇ ।੧।

ਹਨੇਰੇ ਵਿਚ (ਤਾਂ) ਦੀਵੇ ਦੀ ਲੋੜ ਹੁੰਦੀ ਹੈ (ਤਾਕਿ ਅੰਦਰੋਂ) ਉਹ ਹਰਿ-ਨਾਮ ਪਦਾਰਥ ਮਿਲ ਪਏ, ਜਿਸ ਤਕ ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, (ਇਸ ਤਰ੍ਹਾਂ ਧਾਰਮਿਕ ਪੁਸਤਕਾਂ ਪੜ੍ਹਨ ਨਾਲ ਉਹ ਗਿਆਨ ਦਾ ਦੀਵਾ ਮਨ ਵਿਚ ਜਗਣਾ ਚਾਹੀਦਾ ਹੈ ਜਿਸ ਨਾਲ ਅੰਦਰ-ਵੱਸਦਾ ਰੱਬ ਲੱਭ ਪਏ) । ਜਿਸ ਮਨੁੱਖ ਨੂੰ ਉਹ ਅਪਹੁੰਚ ਹਰਿ-ਨਾਮ ਪਦਾਰਥ ਮਿਲ ਪੈਂਦਾ ਹੈ, ਉਸ ਦੇ ਅੰਦਰ ਉਹ ਦੀਵਾ ਫਿਰ ਸਦਾ ਟਿਕਿਆ ਰਹਿੰਦਾ ਹੈ ।੨।

ਕਬੀਰ ਆਖਦਾ ਹੈ—ਉਸ ਅਪਹੁੰਚ ਹਰਿ-ਨਾਮ ਪਦਾਰਥ ਨਾਲ ਮੇਰੀ ਭੀ ਜਾਣ-ਪਛਾਣ ਹੋ ਗਈ ਹੈ । ਜਦੋਂ ਤੋਂ ਜਾਣ-ਪਛਾਣ ਹੋਈ ਹੈ, ਮੇਰਾ ਮਨ ਉਸੇ ਵਿਚ ਹੀ ਪਰਚ ਗਿਆ ਹੈ । (ਪਰ ਜਗਤ ਲੋੜਦਾ ਹੈ ਧਰਮ-ਪੁਸਤਕਾਂ ਦੇ ਰਿਵਾਜੀ ਪਾਠ ਕਰਨੇ ਕਰਾਉਣੇ ਤੇ ਤੀਰਥ ਆਦਿਕਾਂ ਦੇ ਇਸ਼ਨਾਨ; ਸੋ,) ਪਰਮਾਤਮਾ ਵਿਚ ਮਨ ਜੁੜਨ ਨਾਲ (ਕਰਮ-ਕਾਂਡੀ) ਜਗਤ ਦੀ ਤਸੱਲੀ ਨਹੀਂ ਹੁੰਦੀ; (ਦੂਜੇ ਪਾਸੇ,) ਨਾਮ ਸਿਮਰਨ ਵਾਲੇ ਨੂੰ ਭੀ ਇਹ ਮੁਥਾਜੀ ਨਹੀਂ

ਹੁੰਦੀ ਕਿ ਜ਼ਰੂਰ ਹੀ ਲੋਕਾਂ ਦੀ ਤਸੱਲੀ ਭੀ ਕਰਾਏ, (ਤਾਹੀਏਂ, ਆਮ ਤੌਰ ਤੇ ਇਹਨਾਂ ਦਾ ਅਜੋੜ ਹੀ ਬਣਿਆ ਰਹਿੰਦਾ ਹੈ) ।੩।੭।

ਸ਼ਬਦ ਦਾ ਭਾਵ:- ਜੇ ਮਨੁੱਖ ਦੀ ਲਗਨ ਪ੍ਰਭੂ ਦੇ ਨਾਮ ਵਿਚ ਨਹੀਂ ਬਣਦੀ ਤਾਂ ਧਰਮ-ਪੁਸਤਕਾਂ ਦੇ ਪਾਠ ਕਰਾਉਣ ਦਾ ਕੋਈ ਲਾਭ ਨਹੀਂ ਹੁੰਦਾ । ਇਹ ਪਾਠ ਕਰਨੇ ਕਰਾਉਣੇ ਨਿਰੇ ਲੋਕਾਚਾਰੀ ਰਹਿ ਜਾਂਦੇ ਹਨ ।੭।

ਹ੍ਰਿਦੈ ਕਪਟੁ ਮੁਖ ਗਿਆਨੀ ॥ ਝੂਠੇ ਕਹਾ ਬਿਲੋਵਸਿ ਪਾਨੀ ॥੧॥ ਕਾਂਇਆ ਮਾਂਜਸਿ ਕਉਨ ਗੁਨਾਂ ॥ ਜਉ ਘਟ ਭੀਤਰਿ ਹੈ ਮਲਨਾਂ ॥੧॥ ਰਹਾਉ ॥ ਲਉਕੀ ਅਠਸਠਿ ਤੀਰਥ ਨ੍ਹਾਈ ॥ ਕਉਰਾਪਨੁ ਤਊ ਨ ਜਾਈ ॥੨॥ ਕਹਿ ਕਬੀਰ ਬੀਚਾਰੀ ॥ ਭਵ ਸਾਗਰੁ ਤਾਰਿ ਮੁਰਾਰੀ ॥੩॥੮॥ {ਪੰਨਾ 656}

ਪਦਅਰਥ:- ਗਿਆਨੀ—ਗਿਆਨ ਦੀਆਂ ਗੱਲਾਂ ਕਰਨ ਵਾਲਾ । ਕਹਾ—ਕੀਹ ਲਾਭ ਹੈ? ਬਿਲੋਵਸਿ—ਤੂੰ ਰਿੜਕਦਾ ਹੈਂ ।੧।

ਕਾਂਇਆ—ਸਰੀਰ । ਮਾਂਜਸਿ—ਤੂੰ ਮਾਂਜਦਾ ਹੈਂ । ਕਉਨ ਗੁਨਾਂ—ਇਸ ਦਾ ਕੀਹ ਲਾਭ? ਜਉ—ਜੇ । ਘਟ—ਹਿਰਦਾ । ਮਲਨਾਂ—ਮੈਲ, ਵਿਕਾਰ, ਖੋਟ ।੧।ਰਹਾਉ।

ਲਉਕੀ—ਤੂੰਬੀ । ਅਠਸਠਿ—ਅਠਾਹਠ । ਤਊ—ਤਾਂ ਭੀ ।੨।

ਕਹਿ—ਕਹੇ, ਆਖਦਾ ਹੈ । ਬੀਚਾਰੀ—ਵਿਚਾਰ ਕੇ, ਸੋਚ ਕੇ । ਭਵ ਸਾਗਰੁ—ਸੰਸਾਰ-ਸਮੁੰਦਰ । ਮੁਰਾਰੀ—ਹੇ ਮੁਰਾਰੀ! ਹੇ ਪ੍ਰਭੂ! ।੩।

ਅਰਥ:- (ਹੇ ਝੂਠੇ!) ਜੇ ਤੇਰੇ ਹਿਰਦੇ ਵਿਚ (ਕਪਟ ਦੀ) ਮੈਲ ਹੈ ਤਾਂ ਇਸ ਗੱਲ ਦਾ ਕੋਈ ਫ਼ਾਇਦਾ ਨਹੀਂ ਕਿ ਤੂੰ ਆਪਣਾ ਸਰੀਰ ਮਾਂਜਦਾ ਫਿਰਦਾ ਹੈਂ (ਭਾਵ, ਬਾਹਰੋਂ ਸੁੱਚਾ ਤੇ ਪਵਿੱਤਰਤਾ ਰੱਖਦਾ ਹੈਂ) ।੧।ਰਹਾਉ।

ਹੇ ਪਖੰਡੀ ਮਨੁੱਖ! ਤੇਰੇ ਮਨ ਵਿਚ ਤਾਂ ਠੱਗੀ ਹੈ, ਪਰ ਤੂੰ ਮੂੰਹੋਂ (ਬ੍ਰਹਮ) ਗਿਆਨ ਦੀਆਂ ਗੱਲਾਂ ਕਰ ਰਿਹਾ ਹੈਂ । ਤੈਨੂੰ ਇਸ ਪਾਣੀ ਰਿੜਕਣ ਤੋਂ ਕੋਈ ਲਾਭ ਨਹੀਂ ਹੋ ਸਕਦਾ ।੧।

(ਵੇਖ,) ਜੇ ਤੂੰਬੀ ਅਠਾਹਠ ਤੀਰਥਾਂ ਉੱਤੇ ਭੀ ਇਸ਼ਨਾਨ ਕਰ ਲਏ, ਤਾਂ ਭੀ ਉਸ ਦੀ (ਅੰਦਰਲੀ) ਕੁੜਿੱਤਣ ਦੂਰ ਨਹੀਂ ਹੁੰਦੀ ।੨।

(ਇਸ ਅੰਦਰਲੀ ਮੈਲ ਨੂੰ ਦੂਰ ਕਰਨ ਲਈ) ਕਬੀਰ ਤਾਂ ਸੋਚ ਵਿਚਾਰ ਕੇ (ਪ੍ਰਭੂ ਅੱਗੇ ਹੀ ਇਉਂ) ਅਰਦਾਸ ਕਰਦਾ ਹੈ—ਹੇ ਪ੍ਰਭੂ! ਤੂੰ ਮੈਨੂੰ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ ।੩।੮।

ਸ਼ਬਦ ਦਾ ਭਾਵ:- ਮਨ ਦੀ ਮੈਲ ਤੀਰਥ-ਇਸ਼ਨਾਨ ਜਾਂ ਗਿਆਨ-ਚਰਚਾ ਨਾਲ ਦੂਰ ਨਹੀਂ ਹੁੰਦੀ । ਇਸ ਦਾ ਇਲਾਜ ਇੱਕੋ ਹੀ ਹੈ—ਪ੍ਰਭੂ ਦੇ ਦਰ ਤੇ ਢਹਿ ਪੈਣਾ ।੮।

ਸੋਰਠਿ ੴ ਸਤਿਗੁਰ ਪ੍ਰਸਾਦਿ ॥ ਬਹੁ ਪਰਪੰਚ ਕਰਿ ਪਰ ਧਨੁ ਲਿਆਵੈ ॥ ਸੁਤ ਦਾਰਾ ਪਹਿ ਆਨਿ ਲੁਟਾਵੈ ॥੧॥ ਮਨ ਮੇਰੇ ਭੂਲੇ ਕਪਟੁ ਨ ਕੀਜੈ ॥ ਅੰਤਿ ਨਿਬੇਰਾ ਤੇਰੇ ਜੀਅ ਪਹਿ ਲੀਜੈ ॥੧॥ ਰਹਾਉ ॥ ਛਿਨੁ ਛਿਨੁ ਤਨੁ ਛੀਜੈ ਜਰਾ ਜਨਾਵੈ ॥ ਤਬ ਤੇਰੀ ਓਕ ਕੋਈ ਪਾਨੀਓ ਨ ਪਾਵੈ ॥੨॥ ਕਹਤੁ ਕਬੀਰੁ ਕੋਈ ਨਹੀ ਤੇਰਾ ॥ ਹਿਰਦੈ ਰਾਮੁ ਕੀ ਨ ਜਪਹਿ ਸਵੇਰਾ ॥੩॥੯॥ {ਪੰਨਾ 656}

ਪਦਅਰਥ:- ਬਹੁ ਪਰਪੰਚ—ਕਈ ਠੱਗੀਆਂ । ਕਰਿ—ਕਰ ਕੇ । ਪਰ—ਪਰਾਇਆ । ਸੁਤ—ਪੁੱਤਰ । ਦਾਰ—ਵਹੁਟੀ । ਪਹਿ—ਕੋਲ । ਆਨਿ—ਲਿਆ ਕੇ । ਲੁਟਾਵੈ—ਹਵਾਲੇ ਕਰ ਦੇਂਦਾ ਹੈਂ ।੧।

ਕਪਟੁ—ਧੋਖਾ, ਠੱਗੀ । ਅੰਤਿ—ਆਖ਼ਰ ਨੂੰ । ਨਿਬੇਰਾ—ਫ਼ੈਸਲਾ, ਲੇਖਾ, ਹਿਸਾਬ । ਤੇਰੇ ਜੀਅ ਪਹਿ—ਤੇਰੀ ਜਿੰਦ ਪਾਸੋਂ ।੧।ਰਹਾਉ।

ਛਿਨੁ ਛਿਨੁ—ਪਲ ਪਲ ਵਿਚ । ਛੀਜੈ—ਕਮਜ਼ੋਰ ਹੋ ਰਿਹਾ ਹੈ । ਜਰਾ—ਬੁਢੇਪਾ । ਜਨਾਵੈ—ਆਪਣਾ ਆਪ ਵਿਖਾ ਰਿਹਾ ਹੈ । ਓਕ—ਬੁੱਕ । ਪਾਨੀਓ—ਪਾਣੀ ਭੀ ।੨।

ਹਿਰਦੈ—ਹਿਰਦੇ ਵਿਚ । ਕੀ ਨ—ਕਿਉਂ ਨਹੀਂ? ਸਵੇਰਾ—ਵੇਲੇ ਸਿਰ ।੩।

ਅਰਥ:- ਹੇ ਮੇਰੇ ਭੁੱਲੇ ਹੋਏ ਮਨ! (ਰੋਜ਼ੀ ਆਦਿਕ ਦੀ ਖ਼ਾਤਰ ਕਿਸੇ ਨਾਲ) ਧੋਖਾ ਫ਼ਰੇਬ ਨਾਹ ਕਰਿਆ ਕਰ । ਆਖ਼ਰ ਨੂੰ (ਇਹਨਾਂ ਮੰਦ ਕਰਮਾਂ ਦਾ) ਲੇਖਾ ਤੇਰੀ ਆਪਣੀ ਜਿੰਦ ਤੋਂ ਹੀ ਲਿਆ ਜਾਣਾ ਹੈ ।੧।ਰਹਾਉ।

ਕਈ ਤਰ੍ਹਾਂ ਦੀਆਂ ਠੱਗੀਆਂ ਕਰ ਕੇ ਤੂੰ ਪਰਾਇਆ ਮਾਲ ਲਿਆਉਂਦਾ ਹੈਂ, ਤੇ ਲਿਆ ਕੇ ਆਪਣੇ ਪੁੱਤਰ ਤੇ ਵਹੁਟੀ ਦੇ ਹਵਾਲੇ ਕਰ ਦੇਂਦਾ ਹੈਂ ।੧।

(ਵੇਖ, ਇਹਨਾਂ ਠੱਗੀਆਂ ਵਿਚ ਹੀ) ਸਹਿਜੇ ਸਹਿਜੇ ਤੇਰਾ ਆਪਣਾ ਸਰੀਰ ਕਮਜ਼ੋਰ ਹੁੰਦਾ ਜਾ ਰਿਹਾ ਹੈ, ਬੁਢੇਪੇ ਦੀਆਂ ਨਿਸ਼ਾਨੀਆਂ ਆ ਰਹੀਆਂ ਹਨ (ਜਦੋਂ ਤੂੰ ਬੁੱਢਾ ਹੋ ਗਿਆ, ਤੇ ਹਿੱਲਣ-ਜੋਗਾ ਨਾਹ ਰਿਹਾ) ਤਦੋਂ (ਇਹਨਾਂ ਵਿਚੋਂ, ਜਿਨ੍ਹਾਂ ਦੀ ਖ਼ਾਤਰ ਠੱਗੀ ਕਰਦਾ ਹੈਂ) ਕਿਸੇ ਨੇ ਤੇਰੇ ਬੁੱਕ ਵਿਚ ਪਾਣੀ ਵੀ ਨਹੀਂ ਪਾਣਾ ।੨।

(ਤੈਨੂੰ) ਕਬੀਰ ਆਖਦਾ ਹੈ—(ਹੇ ਜਿੰਦੇ!) ਕਿਸੇ ਨੇ ਭੀ ਤੇਰਾ (ਸਾਥੀ) ਨਹੀਂ ਬਣਨਾ । (ਇੱਕ ਪ੍ਰਭੂ ਹੀ ਅਸਲ ਸਾਥੀ ਹੈ) ਤੂੰ ਵੇਲੇ ਸਿਰ (ਹੁਣੇ ਹੁਣੇ) ਉਸ ਪ੍ਰਭੂ ਨੂੰ ਕਿਉਂ ਆਪਣੇ ਹਿਰਦੇ ਵਿਚ ਨਹੀਂ ਸਿਮਰਦੀ? ।੩।੯।

ਸ਼ਬਦ ਦਾ ਭਾਵ:- ਵਿਹਾਰ-ਕਾਰ ਵਿਚ ਠੱਗੀ ਆਦਿਕ ਕਰਨੀ ਭਾਰੀ ਮੂਰਖਤਾ ਹੈ । ਜਿਨ੍ਹਾਂ ਪੁੱਤਰ, ਇਸਤ੍ਰੀ ਆਦਿਕ ਲਈ ਮਨੁੱਖ ਠੱਗੀ-ਚੋਰੀ ਕਰਦਾ ਹੈ, ਅੰਤ ਵੇਲੇ ਸਾਥ ਨਿਭਾਉਣਾ ਤਾਂ ਕਿਤੇ ਰਿਹਾ, ਬੁਢੇਪਾ ਆਇਆਂ ਹੀ ਉਹ ਖ਼ੁਸ਼ ਹੋ ਕੇ ਪਾਣੀ ਦਾ ਘੁੱਟ ਭੀ ਨਹੀਂ ਦੇਂਦੇ ।੯।

ਸੰਤਹੁ ਮਨ ਪਵਨੈ ਸੁਖੁ ਬਨਿਆ ॥ ਕਿਛੁ ਜੋਗੁ ਪਰਾਪਤਿ ਗਨਿਆ ॥ ਰਹਾਉ ॥ ਗੁਰਿ ਦਿਖਲਾਈ ਮੋਰੀ ॥ ਜਿਤੁ ਮਿਰਗ ਪੜਤ ਹੈ ਚੋਰੀ ॥ ਮੂੰਦਿ ਲੀਏ ਦਰਵਾਜੇ ॥ ਬਾਜੀਅਲੇ ਅਨਹਦ ਬਾਜੇ ॥੧॥ ਕੁੰਭ ਕਮਲੁ ਜਲਿ ਭਰਿਆ ॥ ਜਲੁ ਮੇਟਿਆ ਊਭਾ ਕਰਿਆ ॥ ਕਹੁ ਕਬੀਰ ਜਨ ਜਾਨਿਆ ॥ ਜਉ ਜਾਨਿਆ ਤਉ ਮਨੁ ਮਾਨਿਆ ॥੨॥੧੦॥ {ਪੰਨਾ 656}

ਪਦਅਰਥ:- ਸੰਤਹੁ—ਹੇ ਸੰਤ ਜਨੋ! ਮਨ ਪਵਨੈ—ਮਨ ਪਵਨ ਨੂੰ, ਪਉਣ ਵਰਗੇ ਚੰਚਲ ਮਨ ਨੂੰ, ਇਸ ਮਨ ਨੂੰ ਜੋ ਪਹਿਲਾਂ ਪਉਣ ਵਰਗਾ ਚੰਚਲ ਸੀ, ਇਸ ਮਨ ਨੂੰ ਜੋ ਪਹਿਲਾਂ ਕਦੇ ਇੱਕ ਥਾਂ ਟਿਕਦਾ ਹੀ ਨਹੀਂ ਸੀ । ਜੋਗੁ ਪਰਾਪਤਿ—ਪਰਾਪਤਿ ਜੋਗੁ, ਹਾਸਲ ਕਰਨ ਜੋਗਾ {ਨੋਟ:- ਕਈ ਸੱਜਣਾਂ ਨੇ ਇਸ ਦਾ ਅਰਥ ਕੀਤਾ ਹੈ—"ਜੋਗ ਦੀ ਪ੍ਰਾਪਤੀ ਹੋ ਗਈ ਹੈ" । ਪਰ ਲਫ਼ਜ਼ 'ਜੋਗੁ' ਦੇ ਅੰਤ ਵਿਚ (ੁ) ਹੈ, ਇਸ ਦਾ ਅਰਥ "ਜੋਗ ਦੀ" ਨਹੀਂ ਹੋ ਸਕਦਾ । ਜਿਵੇਂ 'ਗੁਰ ਪਰਸਾਦੁ ਕਰੈ', ਇੱਥੇ ਲਫ਼ਜ਼ 'ਗੁਰੁ' ਦਾ ਅਰਥ 'ਗੁਰ ਦਾ' ਨਹੀਂ ਹੋ ਸਕਦਾ; ਹਾਂ, 'ਗੁਰ ਪ੍ਰਸਾਦਿ' ਵਿਚ ਲਫ਼ਜ਼ 'ਗੁਰ' ਦਾ ਅਰਥ 'ਗੁਰ ਦੀ' ਹੋਵੇਗਾ} । ਕਿਛੁ—ਕੁਝ ਥੋੜਾ ਬਹੁਤ । ਜੋਗੁ ਪਰਾਪਤਿ ਗਨਿਆ—ਇਹ ਮਨ ਹਾਸਲ ਕਰਨ ਜੋਗਾ ਗਿਣਿਆ ਜਾ ਸਕਦਾ ਹੈ, ਇਹ ਮਨ ਹੁਣ

ਪ੍ਰਭੂ ਦਾ ਮਿਲਾਪ ਹਾਸਲ ਕਰਨ ਜੋਗਾ ਸਮਝਿਆ ਜਾ ਸਕਦਾ ਹੈ {ਨੋਟ:- ਆਪਣੇ ਕਿਸੇ ਬਣਾਏ ਹੋਏ ਖ਼ਿਆਲ ਅਨੁਸਾਰ ਕਬੀਰ ਜੀ ਦੀ ਬਾਣੀ ਵਿਚ ਵਰਤੇ ਹੋਏ ਲਫ਼ਜ਼ 'ਜੋਗ' ਨੂੰ ਹਰ ਥਾਂ 'ਜੋਗ-ਸਾਧਨ' ਵਿਚ ਵਰਤਿਆ ਸਮਝ ਲੈਣਾ ਠੀਕ ਨਹੀਂ ਹੈ । ਸ਼ਬਦ ਵਿਚ ਜੋ ਲਫ਼ਜ਼ ਜਿਸ ਸ਼ਕਲ ਵਿਚ ਵਰਤੇ ਹੋਏ ਹਨ, ਉਹਨਾਂ ਨੂੰ ਨਿਰਪੱਖ ਹੋ ਕੇ ਸਮਝਣ ਦਾ ਜਤਨ ਕਰੀਏ । ਭਗਤ ਕਬੀਰ ਜੀ ਆਦਿਕ ਨਿਰੇ ਬੰਦਗੀ ਵਾਲੇ ਮਹਾਂਪੁਰਖ ਨਹੀਂ ਸਨ, ਉਹ ਉੱਚੇ ਦਰਜੇ ਦੇ ਕਵੀ ਭੀ ਸਨ । ਇਹਨਾਂ ਦੀ 'ਰੱਬੀ ਕਵਿਤਾ' ਸਹੀ ਤਰੀਕੇ ਨਾਲ ਸਮਝਣ ਲਈ ਇਹਨਾਂ ਦੇ ਹਰੇਕ ਲਫ਼ਜ਼ ਨੂੰ ਗਹੁ ਨਾਲ ਵੇਖ ਕੇ ਸਮਝਣ ਦੀ ਲੋੜ ਹੈ} ।ਰਹਾਉ।

ਗੁਰਿ—ਗੁਰੂ ਨੇ । ਮੋਰੀ—ਕਮਜ਼ੋਰੀ । ਜਿਤੁ—ਜਿਸ ਕਮਜ਼ੋਰੀ ਦੀ ਰਾਹੀਂ । ਮਿਰਗ—ਕਾਮਾਦਿਕ ਪਸ਼ੂ । ਚੋਰੀ—ਚੁਪ-ਕੀਤੇ, ਅਡੋਲ ਹੀ, ਪਤਾ ਦੇਣ ਤੋਂ ਬਿਨਾ ਹੀ । ਮੂੰਦਿ ਲੀਏ—ਬੰਦ ਕਰ ਦਿੱਤੇ ਹਨ । ਦਰਵਾਜੇ—ਸਰੀਰਕ ਇੰਦ੍ਰੇ, ਜਿਨ੍ਹਾਂ ਦੀ ਰਾਹੀਂ ਕਾਮਾਦਿਕ ਵਿਕਾਰ ਸਰੀਰ ਉੱਤੇ ਹੱਲਾ ਕਰਦੇ ਹਨ । ਅਨਹਦ—ਇੱਕ-ਰਸ । ਬਾਜੀਅਲੇ—ਵੱਜਣ ਲੱਗ ਪਏ ਹਨ । {ਨੋਟ:- ਗੁਰੂ ਦੇ ਹਿਦਾਇਤ ਕਰਨ ਤੋਂ ਪਹਿਲਾਂ, ਇੱਕ ਤਾਂ ਗਿਆਨ-ਇੰਦ੍ਰੇ ਖੁਲ੍ਹੇ ਰਹਿੰਦੇ ਸਨ ਤੇ ਕਾਮਾਦਿਕ ਇਹਨਾਂ ਦੀ ਰਾਹੀਂ ਅੰਦਰ ਲੰਘ ਆਉਂਦੇ ਸਨ; ਦੂਜੇ ਅੰਦਰ ਮਨ ਵੀ ਬਾਹਰਲੀਆਂ ਉਕਸਾਹਟਾਂ ਲਈ ਤਿਆਰ ਰਹਿੰਦਾ ਸੀ । ਹੁਣ, ਗੁਰੂ ਦੀ ਸਹਾਇਤਾ ਨਾਲ ਗਿਆਨ-ਇੰਦ੍ਰੇ ਪਰਾਇਆ ਰੂਪ ਨਿੰਦਿਆ ਆਦਿਕ ਨੂੰ ਸ੍ਵੀਕਾਰ ਕਰਨ ਵਲੋਂ ਰੋਕ ਲਏ ਗਏ ਹਨ; ਦੂਜੇ, ਪ੍ਰਭੂ ਦੀ ਸਿਫ਼ਤਿ-ਸਾਲਾਹ ਰੂਪ ਵਾਜੇ ਇਤਨੇ ਜ਼ੋਰ ਨਾਲ ਵੱਜ ਰਹੇ ਹਨ ਕਿ ਅੰਦਰ ਬੈਠੇ ਮਨ ਨੂੰ ਬਾਹਰੋਂ ਕਾਮਾਦਿਕਾਂ ਦਾ ਖੜਾਕ ਸੁਣਾਈ ਹੀ ਨਹੀਂ ਦੇਂਦਾ} ।੧।

ਕੁੰਭ—ਹਿਰਦਾ-ਰੂਪ ਘੜਾ । ਜਲਿ—ਵਿਕਾਰ-ਰੂਪ ਪਾਣੀ ਨਾਲ । ਮੇਟਿਆ—ਡੋਲ੍ਹ ਦਿੱਤਾ ਹੈ । ਊਭਾ—ਉੱਚਾ, ਸਿੱਧਾ । ਜਾਨਿਆ—ਜਾਣ ਲਿਆ ਹੈ, ਪ੍ਰਭੂ ਨਾਲ ਜਾਣ-ਪਛਾਣ ਕਰ ਲਈ ਹੈ । ਮਾਨਿਆ—ਪਤੀਜ ਗਿਆ ਹੈ ।੨।

ਅਰਥ:- ਹੇ ਸੰਤ ਜਨੋ! (ਮੇਰੇ) ਪਉਣ (ਵਰਗੇ ਚੰਚਲ) ਮਨ ਨੂੰ (ਹੁਣ) ਸੁਖ ਮਿਲ ਗਿਆ ਹੈ, (ਹੁਣ ਇਹ ਮਨ ਪ੍ਰਭੂ ਦਾ ਮਿਲਾਪ) ਹਾਸਲ ਕਰਨ ਜੋਗਾ ਥੋੜਾ ਬਹੁਤ ਸਮਝਿਆ ਜਾ ਸਕਦਾ ਹੈ ।ਰਹਾਉ।

(ਕਿਉਂਕਿ) ਸਤਿਗੁਰੂ ਨੇ (ਮੈਨੂੰ ਮੇਰੀ ਉਹ) ਕਮਜ਼ੋਰੀ ਵਿਖਾ ਦਿੱਤੀ ਹੈ ਜਿਸ ਕਰਕੇ (ਕਾਮਾਦਿਕ) ਪਸ਼ੂ ਅਡੋਲ ਹੀ (ਮੈਨੂੰ) ਆ ਦਬਾਉਂਦੇ ਸਨ; (ਸੋ, ਮੈਂ ਗੁਰੂ ਦੀ ਮਿਹਰ ਨਾਲ ਸਰੀਰ ਦੇ) ਦਰਵਾਜ਼ੇ (ਗਿਆਨ-ਇੰਦ੍ਰੇ: ਪਰ ਨਿੰਦਾ, ਪਰ ਤਨ, ਪਰ ਧਨ ਆਦਿਕ ਵਲੋਂ) ਬੰਦ ਕਰ ਲਏ ਹਨ ਤੇ (ਮੇਰੇ ਅੰਦਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ) ਵਾਜੇ ਇੱਕ-ਰਸ ਵੱਜਣ ਲੱਗ ਪਏ ਹਨ ।੧।

(ਮੇਰਾ) ਹਿਰਦਾ-ਕਮਲ ਰੂਪ ਘੜਾ (ਪਹਿਲਾਂ ਵਿਕਾਰਾਂ ਦੇ) ਪਾਣੀ ਨਾਲ ਭਰਿਆ ਹੋਇਆ ਸੀ, (ਹੁਣ ਗੁਰੂ ਦੀ ਬਰਕਤਿ ਨਾਲ ਮੈਂ ਉਹ) ਪਾਣੀ ਡੋਲ੍ਹ ਦਿੱਤਾ ਹੈ ਤੇ (ਹਿਰਦੇ ਨੂੰ) ਉੱਚਾ ਕਰ ਦਿੱਤਾ ਹੈ । ਹੇ ਦਾਸ ਕਬੀਰ! (ਹੁਣ) ਆਖ—ਮੈਂ (ਪ੍ਰਭੂ ਨਾਲ) ਜਾਣ-ਪਛਾਣ ਕਰ ਲਈ ਹੈ, ਤੇ ਜਦੋਂ ਤੋਂ ਇਹ ਸਾਂਝ ਪਾਈ ਹੈ, ਮੇਰਾ ਮਨ (ਉਸ ਪ੍ਰਭੂ ਵਿਚ ਹੀ) ਗਿੱਝ ਗਿਆ ਹੈ ।੨।੧੦।

ਸ਼ਬਦ ਦਾ ਭਾਵ:- ਜਦੋਂ ਗੁਰੂ ਮਨੁੱਖ ਨੂੰ ਸਮਝਾ ਦੇਂਦਾ ਹੈ ਕਿ ਵਿਕਾਰ ਕਿਵੇਂ ਹੱਲਾ ਆ ਕਰਦੇ ਹਨ, ਤੇ ਜਦੋਂ ਸਿਮਰਨ ਦੀ ਸਹਾਇਤਾ ਨਾਲ ਮਨੁੱਖ ਉਹਨਾਂ ਹੱਲਿਆਂ ਤੋਂ ਬਚਾਉ ਕਰ ਲੈਂਦਾ ਹੈ, ਤਾਂ ਮਨ ਚੰਚਲਤਾ ਵਲੋਂ ਹਟ ਕੇ ਆਤਮਕ ਸੁਖ ਵਿਚ ਟਿਕ ਜਾਂਦਾ ਹੈ ।੧੦।

ਰਾਗੁ ਸੋਰਠਿ ॥ ਭੂਖੇ ਭਗਤਿ ਨ ਕੀਜੈ ॥ ਯਹ ਮਾਲਾ ਅਪਨੀ ਲੀਜੈ ॥ ਹਉ ਮਾਂਗਉ ਸੰਤਨ ਰੇਨਾ ॥ ਮੈ ਨਾਹੀ ਕਿਸੀ ਕਾ ਦੇਨਾ ॥੧॥ ਮਾਧੋ ਕੈਸੀ ਬਨੈ ਤੁਮ ਸੰਗੇ ॥ ਆਪਿ ਨ ਦੇਹੁ ਤ ਲੇਵਉ ਮੰਗੇ ॥ ਰਹਾਉ ॥ ਦੁਇ ਸੇਰ ਮਾਂਗਉ ਚੂਨਾ ॥ ਪਾਉ ਘੀਉ ਸੰਗਿ ਲੂਨਾ ॥ ਅਧ ਸੇਰੁ ਮਾਂਗਉ ਦਾਲੇ ॥ ਮੋ ਕਉ ਦੋਨਉ ਵਖਤ ਜਿਵਾਲੇ ॥੨॥ ਖਾਟ ਮਾਂਗਉ ਚਉਪਾਈ ॥ ਸਿਰਹਾਨਾ ਅਵਰ ਤੁਲਾਈ ॥ ਊਪਰ ਕਉ ਮਾਂਗਉ ਖੀਂਧਾ ॥ ਤੇਰੀ ਭਗਤਿ ਕਰੈ ਜਨੁ ਥੀਂਧਾ ॥੩॥ ਮੈ ਨਾਹੀ ਕੀਤਾ ਲਬੋ ॥ ਇਕੁ ਨਾਉ ਤੇਰਾ ਮੈ ਫਬੋ ॥ ਕਹਿ ਕਬੀਰ ਮਨੁ ਮਾਨਿਆ ॥ ਮਨੁ ਮਾਨਿਆ ਤਉ ਹਰਿ ਜਾਨਿਆ ॥੪॥੧੧॥ {ਪੰਨਾ 656}

ਪਦਅਰਥ:- ਭੁਖ—ਰੋਜ਼ੀ ਮਾਇਆ ਆਦਿਕ ਦੀ ਤਾਂਘ । ਭੂਖਾ—ਰੋਜ਼ੀ ਮਾਇਆ ਆਦਿਕ ਦੀ ਤ੍ਰਿਸ਼ਨਾ ਦੇ ਅਧੀਨ । ਭੂਖੇ—ਰੋਜ਼ੀ ਮਾਇਆ ਆਦਿਕ ਦੀ ਤ੍ਰਿਸ਼ਨਾ ਦੇ ਅਧੀਨ ਰਿਹਾਂ । ਨ ਕੀਜੈ—ਨਹੀਂ ਕੀਤੀ ਜਾ ਸਕਦੀ । ਯਹ—ਇਹ । ਲੀਜੈ—ਕਿਰਪਾ ਕਰ ਕੇ ਲੈ ਲਉ । ਯਹ........ਲੀਜੈ—ਹੇ ਪ੍ਰਭੂ! ਇਹ ਆਪਣੀ ਮਾਲਾ ਮੈਥੋਂ ਲੈ ਲਉ ।

ਨੋਟ:- ਕੀ ਭਗਤ ਕਬੀਰ ਜੀ ਮਾਲਾ ਨਾਲ ਭਗਤੀ ਕਰਿਆ ਕਰਦੇ ਸਨ? ਬਿਲਾਵਲ ਰਾਗ ਦੇ ਇਕ ਸ਼ਬਦ ਵਿਚ ਭੀ ਕਬੀਰ ਜੀ ਦੀ ਮਾਲਾ ਦਾ ਜ਼ਿਕਰ ਆਉਂਦਾ ਹੈ ਜਦੋਂ ਉਹਨਾਂ ਦੀ ਮਾਂ ਗਿਲਾ ਕਰਦੀ ਹੈ ਕਿ:

"ਹਮਾਰੈ ਕੁਲ ਕਉਨੈ ਰਾਮੁ ਕਹਿਓ ॥ ਜਬ ਕੀ ਮਾਲਾ ਲਈ ਨਿਪੂਤੇ ਤਬ ਤੇ ਸੁਖੁ ਨ ਭਇਓ ॥ਰਹਾਉ॥"

ਪਰ ਮਾਲਾ ਬਾਰੇ ਕਬੀਰ ਜੀ ਦੇ ਆਪਣੇ ਖ਼ਿਆਲ ਤਾਂ ਇਉਂ ਹਨ:-

(੧) "ਕਬੀਰ ਮੇਰੀ ਸਿਮਰਨੀ ਰਸਨਾ ਊਪਰਿ ਰਾਮੁ ॥" {ਸਲੋਕ

(੨) "ਮਾਥੇ ਤਿਲਕੁ ਹਥ ਮਾਲਾ ਬਾਨਾ ॥ ਲੋਗਨ ਰਾਮੁ ਖਿਲਉਨਾ ਜਾਨਾ ॥" {ਭੈਰਉ

ਇਹਨਾਂ ਪ੍ਰਮਾਣਾਂ ਤੋਂ ਇਉਂ ਜ਼ਾਹਰ ਹੁੰਦਾ ਹੈ ਕਿ ਕਬੀਰ ਜੀ ਮਾਲਾ ਨੂੰ ਦਿਖਲਾਵਾ ਸਮਝਦੇ ਸਨ । ਜੀਭ ਉੱਤੇ ਹਰ ਵੇਲੇ ਰਾਮ ਦਾ ਨਾਮ ਟਿਕਿਆ ਰਹਿਣਾ—ਇਹ ਉਹਨਾਂ ਦੀ ਮਾਲਾ ਸੀ ।

ਪਰ, ਉੱਪਰਲੇ ਸ਼ਬਦ ਵਿਚ ਉਹ ਆਪ ਪ੍ਰਭੂ ਨੂੰ ਆਖਦੇ ਹਨ ਕਿ ਆਪਣੀ ਮਾਲਾ ਲੈ ਲਉ, ਤੇ ਬਿਲਾਵਲ ਰਾਗ ਵਾਲੇ ਸ਼ਬਦ ਵਿਚ ਉਹਨਾਂ ਦੀ ਮਾਂ ਸ਼ਿਕਾਇਤ ਕਰਦੀ ਹੈ ਕਿ "ਜਬ ਕੀ ਮਾਲਾ ਲਈ ਨਿਪੂਤੇ" ।

ਸੁਆਦਲੀ ਗੱਲ ਇਹ ਹੈ ਕਿ ਦੋਹੀਂ ਥਾਈਂ ਗਿਲਾ ਕਰਨ ਦੇ ਸੰਬੰਧ ਵਿਚ ਹੀ 'ਮਾਲਾ' ਦਾ ਜ਼ਿਕਰ ਆਇਆ ਹੈ । ਕਦੇ ਪ੍ਰਭੂ-ਪਿਆਰ ਵਿਚ ਆ ਕੇ ਭਗਤ ਜੀ ਨੇ ਕਿਤੇ 'ਮਾਲਾ' ਦੀ ਗੱਲ ਨਹੀਂ ਕੀਤੀ । ਇਉਂ ਜਾਪਦਾ ਹੈ ਕਿ ਇਹਨੀਂ ਦੋਹੀਂ ਥਾਈਂ ਲਫ਼ਜ਼ 'ਮਾਲਾ' ਦੀ ਰਾਹੀਂ ਕਿਸੇ ਐਸੇ ਕੰਮ ਦਾ ਜ਼ਿਕਰ ਕੀਤਾ ਜਾ ਰਿਹਾ ਹੈ, ਜੋ ਲਫ਼ਜ਼ 'ਮਾਲਾ' ਵਰਤਣ ਵਾਲੇ ਨੂੰ ਪਸੰਦ ਨਹੀਂ ਹੈ । ਜਗਤ ਵਿਚ ਕਈ ਲਫ਼ਜ਼ ਤਾਂ ਪਿਆਰ ਦਾ 'ਚਿਹਨ' ਬਣ ਜਾਂਦੇ ਹਨ ਤੇ ਕਈ ਲਫ਼ਜ਼ ਨਫ਼ਰਤ ਦਾ । ਕ੍ਰਿਸ਼ਨ ਜੀ ਦੇ ਉਪਾਸ਼ਕ ਵਾਸਤੇ ਲਫ਼ਜ਼ 'ਬਾਂਸਰੀ ਵਾਲਾ' ਤੇ 'ਕੰਬਲੀ ਵਾਲਾ' ਤਾਂ ਦਿਲ ਨੂੰ ਪਿਆਰ ਦੀ ਖਿੱਚ ਪਾਉਂਦੇ ਹਨ; ਪਰ, 'ਬ੍ਰਾਹਮਣ' ਸਭ ਤੋਂ ਉੱਚੀ ਜਾਤ ਦਾ ਹੁੰਦਿਆਂ ਭੀ, ਜੇ ਪਿੰਡਾਂ ਵਿਚ ਕਿਸੇ ਬੰਦੇ ਦੇ ਮੱਥੇ ਸਵੇਰੇ ਉਠਦਿਆਂ ਲੱਗ ਜਾਏ ਤਾਂ ਭਰਮੀ ਲੋਕਾਂ ਵਿਚ ਇਹ ਭੈੜਾ ਲੱਛਣ ਗਿਣਿਆ ਜਾਂਦਾ ਹੈ ।

{ਮੇਰਾ ਇਕ ਗ਼ਰੀਬ-ਹਿੰਦੂ ਘਰ ਵਿਚ ਜਨਮ ਹੋਇਆ ਸੀ । ਨਾਵੀਂ ਜਮਾਤ ਵਿਚ ਅੱਪੜਨ ਤੋਂ ਚਾਰ-ਪੰਜ

ਮਹੀਨੇ ਪਹਿਲਾਂ ਮੈਂ ਸਿੱਖ ਬਣਿਆ ਸਾਂ । ਸਾਡੇ ਸਕੂਲ ਦਾ ਹੈੱਡ ਮਾਸਟਰ ਇਕ ਵਹਿਮੀ ਜਿਹਾ ਸੱਜਣ ਸੀ; ਉਸ ਨੂੰ ਮੇਰੀ ਇਹ ਤਬਦੀਲੀ ਚੰਗੀ ਨਾਹ ਲੱਗੀ । ਪਰ, ਸਾਰੀ ਜਮਾਤ ਵਿਚ ਚੂੰਕਿ ਮੈਂ ਇਕੱਲਾ ਹੀ ਵਜ਼ੀਫ਼ਾ ਲੈਣ ਵਾਲਾ ਮੁੰਡਾ ਸਾਂ, ਇਸ ਗੱਲ ਦਾ ਉਹਨਾਂ ਨੂੰ ਲਿਹਾਜ਼ ਸੀ । ਅਸੀ ਸਿੱਖ ਮੁੰਡੇ ਰਲ ਕੇ ਹਫ਼ਤੇ ਵਿਚ ਇੱਕ ਵਾਰੀ ਸ਼ਹਿਰ ਦੇ ਗੁਰਦੁਆਰੇ ਵਿਚ ਜਾ ਕੇ ਸ਼ਬਦ ਪੜ੍ਹਿਆ ਕਰਦੇ ਸਾਂ, ਇਹ ਗੱਲ ਹੈੱਡਮਾਸਟਰ ਨੂੰ ਭਾਉਂਦੀ ਨਹੀਂ ਸੀ । ਇੱਕ ਵਾਰੀ ਰੋਕਿਓ ਨੇ, ਪਰ ਉਸ ਦਾ ਅਸਰ ਉਹਨਾਂ ਦੀ ਮਰਜ਼ੀ ਦੇ ਉਲਟ ਹੋਇਆ । ਸੋ, ਰੋਕਣੋਂ ਤਾਂ ਹਟ ਗਏ, ਪਰ ਜੇ ਕਿਸੇ ਦਿਨ ਮੈਂ ਜਮਾਤ ਵਿਚ ਬਾਕੀ ਮੁੰਡਿਆਂ ਤੋਂ ਪਿੱਛੇ ਜਾ ਬੈਠਾਂ ਤਾਂ ਉਹ ਝੱਟ ਮੈਨੂੰ ਅੱਗੇ ਸੱਦ ਕੇ ਬਿਠਾ ਦੇਂਦੇ ਤੇ ਕਹਿੰਦੇ—ਬੱਸ! ਤੈਨੂੰ ਹੋਰ ਕੀਹ ਕੰਮ ਹੈ? ਤੂੰ ਧਰਮਸਾਲੇ ਜਾ ਕੇ ਢੋਲਕੀ ਵਜਾ ਕੇ ਮਾਲਾ ਫੇਰ । ਮੈਨੂੰ ਢੋਲਕੀ ਵਜਾਉਣੀ ਨਹੀਂ ਸੀ ਆਉਂਦੀ, ਨਾਹ ਮੈਨੂੰ ਵਜਾਉਂਦਿਆਂ ਉਹਨਾਂ ਕਦੇ ਵੇਖਿਆ ਸੀ, ਨਾਹ ਹੀ ਮੇਰੇ ਪਾਸ ਕੋਈ ਮਾਲਾ ਸੀ । ਇਹ ਲਫ਼ਜ਼ ਮਾਲਾ ਤੇ ਢੋਲਕੀ ਉਹਨਾਂ ਦੇ ਦਿਲ ਦੀ ਨਫ਼ਰਤ ਦਾ ਬਾਹਰਲਾ ਵਿਕਾਸ ਸੀ ।

ਇਹ ਹੱਡ-ਬੀਤੀ ਇੱਥੇ ਇਹ ਦੱਸਣ ਲਈ ਲਿਖੀ ਗਈ ਹੈ ਕਿ ਜਦੋਂ ਕਿਸੇ ਦਾ ਵੇਖਣ-ਨੂੰ-ਦਿੱਸਦਾ ਧਾਰਮਿਕ ਕੰਮ ਪਸੰਦ ਨਾਹ ਆਵੇ, ਤਾਂ ਮੁਹਾਵਰੇ ਦੇ ਤੌਰ ਤੇ ਲਫ਼ਜ਼ 'ਮਾਲਾ' ਆਦਿਕ ਵਰਤਿਆ ਜਾਂਦਾ ਹੈ} ।

ਸੋ, "ਯਹ ਮਾਲਾ ਅਪਨੀ ਲੀਜੈ" ਦਾ ਅਰਥ ਹੈ ਕਿ ਮੈਨੂੰ ਇਹ ਉਪਰੋਂ-ਦਿੱਸਦਾ ਧਾਰਮਿਕ ਕੰਮ ਪਸੰਦ ਨਹੀਂ ਹੈ । "ਭੂਖੇ.........ਲੀਜੈ"—ਜੇ ਮਨੁੱਖ ਦੀ ਰੋਟੀ ਵਲੋਂ ਹੀ ਤ੍ਰਿਸ਼ਨਾ ਨਹੀਂ ਮੁੱਕੀ ਤਾਂ ਉਹ ਪ੍ਰਭੂ ਦੀ ਭਗਤੀ ਨਹੀਂ ਕਰ ਸਕਦਾ, ਇਹ ਭਗਤੀ ਵਿਖਾਵੇ ਦੀ ਹੀ ਰਹਿ ਜਾਂਦੀ ਹੈ, ਤੇ ਇਹ ਮੈਨੂੰ ਪਸੰਦ ਨਹੀਂ । ਹਉ—ਮੈਂ । ਰੇਨਾ—ਚਰਨ-ਧੂੜ । ਕਿਸੀ ਕਾ ਦੇਨਾ—ਕਿਸੇ ਦੀ ਮੁਥਾਜੀ, ਕਿਸੇ ਦੇ ਦਬਾਉ ਹੇਠ ਹੋਣਾ ।੧।

ਕੈਸੀ ਬਨੈ—ਕਿਵੇਂ ਨਿਭ ਸਕਦੀ ਹੈ? ਤੁਮ ਸੰਗੇ—ਤੈਥੋਂ ਸੰਗਿਆਂ, ਤੈਥੋਂ ਸ਼ਰਮ ਕੀਤਿਆਂ । ਲੇਵਉ ਮੰਗੇ—ਮੈਂ ਮੰਗ ਕੇ ਲੈ ਲਵਾਂਗਾ ।ਰਹਾਉ।

ਚੂਨਾ—ਆਟਾ । ਜਿਵਾਲੇ—ਜੀਉਂਦਿਆਂ ਰੱਖੇ ।੨।

ਖਾਟ—ਮੰਜੀ । ਚਉਪਾਈ—ਚਾਰ ਪਾਵਿਆਂ ਵਾਲੀ, ਸਾਬਤ । ਖੀਂਧਾ—ਰਜ਼ਾਈ । ਥੀਂਧਾ—ਥਿੰਧਾ, ਪ੍ਰੇਮ ਵਿਚ ਰਸ ਕੇ ।੩।

ਲਬੋ—ਲਾਲਚ । ਮੈ ਫਬੋ—ਮੈਨੂੰ ਪਸੰਦ ਹੈ । ਜਾਨਿਆ—ਸਾਂਝ ਪਾ ਲਈ ਹੈ ।੪।

ਅਰਥ:- ਹੇ ਪ੍ਰਭੂ! ਤੈਥੋਂ ਸ਼ਰਮ ਕੀਤਿਆਂ ਨਹੀਂ ਨਿਭ ਸਕਣੀ; ਸੋ, ਜੇ ਤੂੰ ਆਪ ਨਾਹ ਦੇਵੇਂਗਾ, ਤਾਂ ਮੈਂ ਹੀ ਮੰਗ ਕੇ ਲੈ ਲਵਾਂਗਾ ।ਰਹਾਉ।

ਜੇ ਮਨੁੱਖ ਦੀ ਰੋਟੀ ਵਲੋਂ ਹੀ ਤ੍ਰਿਸ਼ਨਾ ਨਹੀਂ ਮੁੱਕੀ, ਤਾਂ ਉਹ ਪ੍ਰਭੂ ਦੀ ਭਗਤੀ ਨਹੀਂ ਕਰ ਸਕਦਾ, ਫਿਰ ਉਹ ਭਗਤੀ ਵਿਖਾਵੇ ਦੀ ਹੀ ਰਹਿ ਜਾਂਦੀ ਹੈ । (ਪ੍ਰਭੂ! ਇੱਕ ਤਾਂ ਮੈਨੂੰ ਰੋਟੀ ਵਲੋਂ ਬੇ-ਫ਼ਿਕਰ ਕਰ, ਦੂਜੇ) ਮੈਂ ਸੰਤਾਂ ਦੀ ਚਰਨ-ਧੂੜ ਮੰਗਦਾ ਹਾਂ, ਤਾਕਿ ਮੈਂ ਕਿਸੇ ਦਾ ਮੁਥਾਜ ਨਾਹ ਹੋਵਾਂ ।੧।

ਮੈਨੂੰ ਦੋ ਸੇਰ ਆਟੇ ਦੀ ਲੋੜ ਹੈ, ਇਕ ਪਾਉ ਘਿਉ ਤੇ ਕੁਝ ਲੂਣ ਚਾਹੀਦਾ ਹੈ, ਮੈਂ ਤੈਥੋਂ ਅੱਧ ਸੇਰ ਦਾਲ ਮੰਗਦਾ ਹਾਂ—ਇਹ ਚੀਜ਼ਾ ਮੇਰੇ ਦੋਹਾਂ ਵੇਲਿਆਂ ਦੀ ਗੁਜ਼ਰਾਨ ਲਈ ਕਾਫ਼ੀ ਹਨ ।੨।

ਸਾਬਤ ਮੰਜੀ ਮੰਗਦਾ ਹਾਂ, ਸਿਰਾਣਾ ਤੇ ਤੁਲਾਈ ਭੀ । ਉਪਰ ਲੈਣ ਲਈ ਰਜ਼ਾਈ ਦੀ ਲੋੜ ਹੈ—ਬੱਸ! ਫਿਰ ਤੇਰਾ ਭਗਤ (ਸਰੀਰਕ ਲੋੜਾਂ ਵਲੋਂ ਬੇ-ਫ਼ਿਕਰ ਹੋ ਕੇ) ਤੇਰੇ ਪ੍ਰੇਮ ਵਿਚ ਭਿੱਜ ਕੇ ਤੇਰੀ ਭਗਤੀ ਕਰੇਗਾ ।੩।

ਕਬੀਰ ਆਖਦਾ ਹੈ—ਹੇ ਪ੍ਰਭੂ! ਮੈਂ (ਮੰਗਣ ਵਿਚ) ਕੋਈ ਲਾਲਚ ਨਹੀਂ ਕੀਤਾ, ਕਿਉਂਕਿ (ਉਹ ਚੀਜ਼ਾਂ ਤਾਂ ਸਰੀਰਕ ਨਿਰਬਾਹ-ਮਾਤ੍ਰ ਹਨ) ਅਸਲ ਵਿਚ ਤਾਂ ਮੈਨੂੰ ਤੇਰਾ ਨਾਮ ਹੀ ਪਿਆਰਾ ਹੈ । ਮੇਰਾ ਮਨ (ਤੇਰੇ ਨਾਮ ਵਿਚ) ਪਰਚਿਆ ਹੋਇਆ ਹੈ, ਤੇ ਜਦੋਂ ਦਾ ਪਰਚਿਆ ਹੈ ਤਦੋਂ ਤੋਂ ਤੇਰੇ ਨਾਲ ਮੇਰੀ (ਡੂੰਘੀ) ਜਾਣ-ਪਛਾਣ ਹੋ ਗਈ ਹੈ ।੪।੧੧।

ਸ਼ਬਦ ਦਾ ਭਾਵ:- ਜਦ ਤਕ ਮਨੁੱਖ ਦਾ ਮਨ ਤ੍ਰਿਸ਼ਨਾ ਦੇ ਅਧੀਨ ਹੈ, ਪਰਮਾਤਮਾ ਦੀ ਭਗਤੀ ਨਹੀਂ ਕੀਤੀ ਜਾ ਸਕਦੀ । ਤ੍ਰਿਸ਼ਨਾ ਤੇ ਭਗਤੀ ਦਾ ਕਦੇ ਜੋੜ ਨਹੀਂ ਹੋ ਸਕਦਾ।

ਰਾਗੁ ਸੋਰਠਿ ਬਾਣੀ ਭਗਤ ਨਾਮਦੇ ਜੀ ਕੀ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਜਬ ਦੇਖਾ ਤਬ ਗਾਵਾ ॥ ਤਉ ਜਨ ਧੀਰਜੁ ਪਾਵਾ ॥੧॥ ਨਾਦਿ ਸਮਾਇਲੋ ਰੇ ਸਤਿਗੁਰੁ ਭੇਟਿਲੇ ਦੇਵਾ ॥੧॥ ਰਹਾਉ ॥ ਜਹ ਝਿਲਿ ਮਿਲਿ ਕਾਰੁ ਦਿਸੰਤਾ ॥ ਤਹ ਅਨਹਦ ਸਬਦ ਬਜੰਤਾ ॥ ਜੋਤੀ ਜੋਤਿ ਸਮਾਨੀ ॥ ਮੈ ਗੁਰ ਪਰਸਾਦੀ ਜਾਨੀ ॥੨॥ ਰਤਨ ਕਮਲ ਕੋਠਰੀ ॥ ਚਮਕਾਰ ਬੀਜੁਲ ਤਹੀ ॥ ਨੇਰੈ ਨਾਹੀ ਦੂਰਿ ॥ ਨਿਜ ਆਤਮੈ ਰਹਿਆ ਭਰਪੂਰਿ ॥੩॥ ਜਹ ਅਨਹਤ ਸੂਰ ਉਜ੍ਯ੍ਯਾਰਾ ॥ ਤਹ ਦੀਪਕ ਜਲੈ ਛੰਛਾਰਾ ॥ ਗੁਰ ਪਰਸਾਦੀ ਜਾਨਿਆ ॥ ਜਨੁ ਨਾਮਾ ਸਹਜ ਸਮਾਨਿਆ ॥੪॥੧॥ {ਪੰਨਾ 656-657}

ਪਦਅਰਥ:- ਦੇਖਾ—ਦੇਖਾਂ, ਵੇਖਦਾ ਹਾਂ; ਪ੍ਰਭੂ ਦਾ ਦੀਦਾਰ ਕਰਦਾ ਹਾਂ । ਗਾਵਾ—ਗਾਵਾਂ, ਮੈਂ (ਉਸ ਦੇ ਗੁਣ) ਗਾਉਂਦਾ ਹਾਂ । ਤਉ—ਤਦੋਂ । ਜਨ—ਹੇ ਭਾਈ! ਪਾਵਾ—ਮੈਂ ਹਾਸਲ ਕਰਦਾ ਹਾਂ । ਧੀਰਜੁ—ਸ਼ਾਂਤੀ, ਅਡੋਲਤਾ, ਟਿਕਾਉ ।੧।

ਨਾਦਿ—ਨਾਦ ਵਿਚ, (ਗੁਰੂ ਦੇ) ਸ਼ਬਦ ਵਿਚ । ਸਮਾਇਲੋ—ਸਮਾ ਗਿਆ ਹੈ, ਲੀਨ ਹੋ ਗਿਆ ਹੈ । ਰੇ—ਹੇ ਭਾਈ! ਭੇਟਿਲੇ—ਮਿਲਾ ਦਿੱਤਾ ਹੈ । ਦੇਵਾ—ਹਰੀ ਨੇ ।੧।ਰਹਾਉ।

ਜਹ—ਜਿੱਥੇ, ਜਿਸ (ਮਨ) ਵਿਚ । ਝਿਲਿਮਿਲਿਕਾਰੁ—ਇੱਕ-ਰਸ ਚੰਚਲਤਾ, ਸਦਾ ਚੰਚਲਤਾ ਹੀ ਚੰਚਲਤਾ । ਦਿਸੰਤਾ—ਦਿੱਸਦੀ ਸੀ । ਤਹ—ਉੱਥੇ, ਉਸ (ਮਨ) ਵਿਚ । ਅਨਹਦ—ਇੱਕ-ਰਸ । ਸਬਦ ਬਜੰਤਾ—ਸ਼ਬਦ ਵੱਜ ਰਿਹਾ ਹੈ, ਸਤਿਗੁਰੂ ਦੇ ਸ਼ਬਦ ਦਾ ਪ੍ਰਭਾਵ ਜ਼ੋਰਾਂ ਵਿਚ ਹੈ । ਜੋਤੀ—ਪਰਮਾਤਮਾ ਦੀ ਜੋਤਿ ਵਿਚ । ਜੋਤਿ—ਮੇਰੀ ਜਿੰਦ, ਮੇਰੀ ਆਤਮਾ । ਸਮਾਨ੍ਹੀ—(ਅੱਖਰ 'ਨ' ਦੇ ਹੇਠ ਅੱਧਾ 'ਹ' ਹੈ) । ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ । ਜਾਨੀ—ਜਾਣੀ ਹੈ, ਸਾਂਝ ਪਈ ਹੈ ।੨।

ਕਮਲ ਕੋਠਰੀ—(ਹਿਰਦਾ-) ਕਮਲ-ਕੋਠੜੀ ਵਿਚ । ਰਤਨ—(ਰੱਬੀ ਗੁਣਾਂ ਦੇ) ਰਤਨ (ਪਏ ਹੋਏ ਸਨ, ਪਰ ਮੈਨੂੰ ਪਤਾ ਨਹੀਂ ਸੀ) । ਤਹੀ—ਉਸੇ (ਹਿਰਦੇ) ਵਿਚ । ਚਮਕਾਰ—ਲਿਸ਼ਕ, ਚਾਨਣ । ਨਿਜ ਆਤਮੈ—ਮੇਰੇ ਆਪਣੇ ਅੰਦਰ ।੩।

ਛੰਛਾਰਾ—ਮੱਧਮ । ਦੀਪਕ—ਦੀਵਾ । ਤਹ—ਉਸ (ਮਨ) ਵਿਚ (ਪਹਿਲਾਂ) । ਜਹ—ਜਿੱਥੇ (ਹੁਣ) । ਅਨਹਤ—ਇੱਕ-ਰਸ, ਲਗਾਤਾਰ ।੪।

ਜ਼ਰੂਰੀ ਨੋਟ:- ਇਸ ਸ਼ਬਦ ਦਾ ਸਹੀ ਅਰਥ ਸਮਝਣ ਲਈ ਸਤਿਗੁਰੂ ਨਾਨਕ ਦੇਵ ਜੀ ਦਾ ਸ਼ਬਦ, ਜੋ ਸੋਰਠਿ ਰਾਗ ਵਿਚ ਹੀ ਹੈ ਤੇ ਇਸ ਸ਼ਬਦ ਨਾਲ ਹਰ ਤਰ੍ਹਾਂ ਦਾ ਮੇਲ ਖਾਂਦਾ ਹੈ, ਇਸ ਸ਼ਬਦ ਦੇ ਨਾਲ ਪੜ੍ਹਨਾ ਜ਼ਰੂਰੀ ਹੈ

।

ਸੋਰਠਿ ਮਹਲਾ ੧ ਘਰੁ ੩ ਪੰਨਾ ੫੯੯ ਜਾ ਤਿਸੁ ਭਾਵਾ ਤਦ ਹੀ ਗਾਵਾ ॥ ਤਾ ਗਾਵੇ ਕਾ ਫਲੁ ਪਾਵਾ ॥ ਗਾਵੇ ਕਾ ਫਲੁ ਹੋਈ ॥ ਜਾ ਆਪੇ ਦੇਵੈ ਸੋਈ ॥੧॥ਰਹਾਉ॥ ਮਨ ਮੇਰੇ ਗੁਰ ਬਚਨੀ ਨਿਧਿ ਪਾਈ ॥ ਤਾ ਤੇ ਸਚ ਮਹਿ ਰਹਿਆ ਸਮਾਈ ॥੧॥ਰਹਾਉ॥ ਗੁਰ ਸਾਖੀ ਅੰਤਰਿ ਜਾਗੀ ॥ ਤਾ ਚੰਚਲ ਮਤਿ ਤਿਆਗੀ ॥ ਗੁਰ ਸਾਖੀ ਕਾ ਉਜੀਆਰਾ ॥ ਤਾ ਮਿਟਿਆ ਸਗਲ ਅੰਧਾਰਾ ॥੨॥ ਗੁਰ ਚਰਨੀ ਮਨੁ ਲਾਗਾ ॥ ਤਾ ਜਮ ਕਾ ਮਾਰਗੁ ਭਾਗਾ ॥ ਭੈ ਵਿਚਿ ਨਿਰਭਉ ਪਾਇਆ ॥ ਤਾ ਸਹਜੈ ਕੈ ਘਰ ਆਇਆ ॥੩॥ ਭਣਤਿ ਨਾਨਕੁ ਬੂਝੈ ਕੋ ਬੀਚਾਰੀ ॥ ਇਸੁ ਜਗ ਮਹਿ ਕਰਣੀ ਸਾਰੀ ॥ ਕਰਣੀ ਕੀਰਤਿ ਹੋਈ ॥ ਜਾ ਆਪੇ ਮਿਲਿਆ ਸੋਈ ॥੪॥੧॥੧੨॥

ਦੋਹਾਂ ਸ਼ਬਦਾਂ ਨੂੰ ਰਲਾ ਕੇ ਗਹੁ ਨਾਲ ਪੜ੍ਹੋ, ਇਹਨਾਂ ਵਿਚ ਕਈ ਸੁਆਦਲੀਆਂ ਸਾਂਝੀਆਂ ਗੱਲਾਂ ਮਿਲਦੀਆਂ ਹਨ । ਦੋਹਾਂ ਸ਼ਬਦਾਂ ਦੀ ਚਾਲ ਇੱਕੋ ਜਿਹੀ ਹੈ; ਬਹੁਤ ਸਾਰੇ ਲਫ਼ਜ਼ ਸਾਂਝੇ ਹਨ; ਖ਼ਿਆਲ ਭੀ ਦੋਹਾਂ ਸ਼ਬਦਾਂ ਵਿਚ ਇੱਕੋ ਹੀ ਹੈ । ਹਾਂ, ਜਿਨ੍ਹਾਂ ਖ਼ਿਆਲਾਂ ਨੂੰ ਭਗਤ ਨਾਮਦੇਵ ਜੀ ਨੇ ਡੂੰਘੇ ਗੂਝ ਲਫ਼ਜ਼ਾਂ ਦੀ ਰਾਹੀਂ ਬਿਆਨ ਕੀਤਾ ਸੀ, ਉਹਨਾਂ ਨੂੰ ਸਤਿਗੁਰੂ ਨਾਨਕ ਦੇਵ ਜੀ ਨੇ ਸਾਦਾ ਤੇ ਸੁਖੱਲੇ ਲਫ਼ਜ਼ਾਂ ਵਿਚ ਪਰਗਟ ਕਰ ਦਿੱਤਾ ਹੈ; ਜਿਵੇਂ, ਝਿਲਿਮਿਲਿਕਾਰੁ—ਚੰਚਲ ਮਤਿ; ਅਨਹਤ ਸਬਦ—ਗੁਰ ਸਾਖੀ ਕਾ ਉਜੀਆਰਾ ਆਦਿਕ ।

ਇਹਨਾਂ ਸ਼ਬਦਾਂ ਵਿਚ ਇਕ ਫ਼ਰਕ ਭੀ ਦਿੱਸਦਾ ਹੈ । ਜਿਵੇਂ, ਫ਼ਰੀਦ ਜੀ ਨੇ ਆਖਿਆ:

ਪਹਿਲੈ ਪਹਰੈ ਫੁਲੜਾ ਫਲੁ ਭੀ ਪਛਾ ਰਾਤਿ ॥
ਜੋ ਜਾਗੰਨਿ ਲਹੰਨਿ ਸੇ ਸਾਈ ਕੰਨਹੁ ਦਾਤਿ ॥੧੧੨॥

ਇਸ ਵਿਚ ਫ਼ਰੀਦ ਜੀ ਨੇ ਜ਼ਿਆਦਾ ਜ਼ੋਰ ਇਸ ਗੱਲ ਉੱਤੇ ਦਿੱਤਾ ਸੀ ਕਿ ਮਨੁੱਖ ਅੰਮ੍ਰਿਤ ਵੇਲੇ ਜ਼ਰੂਰ ਉੱਠ ਕੇ ਬੰਦਗੀ ਕਰੇ, ਤਾਹੀਏਂ ਸਾਈਂ ਦੇ ਦਰ ਤੋਂ ਦਾਤਿ ਮਿਲਦੀ ਹੈ; ਫ਼ਰੀਦ ਜੀ 'ਨਾਮ' ਦੀ ਪ੍ਰਾਪਤੀ ਨੂੰ ਪ੍ਰਭੂ ਦੀ ਬਖ਼ਸ਼ਸ਼ ਹੀ ਮੰਨਦੇ ਹਨ, ਪਰ ਇੱਥੇ ਵਧੀਕ ਜ਼ੋਰ ਅੰਮ੍ਰਿਤ ਵੇਲੇ ਉੱਠਣ ਉੱਤੇ ਹੈ । ਮਤਾਂ ਕੋਈ ਸਿੱਖ ਫ਼ਰੀਦ ਜੀ ਦੇ ਇਸ਼ਾਰੇ ਨੂੰ ਸਮਝੇ ਹੀ ਨਾ ਤੇ ਆਪਣੇ ਅੰਮ੍ਰਿਤ ਵੇਲੇ ਉੱਠਣ ਦੇ ਉੱਦਮ ਉੱਤੇ ਮਾਣ ਕਰਨ ਲੱਗ ਪਏ, ਸਤਿਗੁਰੂ ਨਾਨਕ ਦੇਵ ਜੀ ਨੇ ਲਫ਼ਜ਼ 'ਦਾਤਿ' ਦੀ ਰਾਹੀਂ ਇਸ ਇਸ਼ਰੇ-ਮਾਤ੍ਰ ਦੱਸੇ ਖ਼ਿਆਲ ਨੂੰ ਚੰਗੀ ਤਰ੍ਹਾਂ ਪਰਗਟ ਕਰ ਦਿੱਤਾ ਹੈ ਆਪਣਾ ਇਕ ਸ਼ਲੋਕ ਇਸ ਸ਼ਲੋਕ ਦੇ ਨਾਲ ਲਿਖ ਕੇ:

ਦਾਤੀ ਸਾਹਿਬ ਸੰਦੀਆ, ਕਿਆ ਚਲੈ ਤਿਸੁ ਨਾਲਿ ॥ ਇਕਿ ਜਾਗੰਦੇ ਨ ਲਹੰਨਿ, ਇਕਨਾ ਸੁਤਿਆ ਦੇਇ ਉਠਾਲਿ ॥੧੧੩॥ ਮ: ੧ ॥

ਇਸੇ ਤਰ੍ਹਾਂ, ਇਸ ਸ਼ਬਦ ਵਿਚ ਨਾਮਦੇਵ ਜੀ ਨੇ ਇਹ ਦੱਸਿਆ ਹੈ ਕਿ ਸਤਿਗੁਰੂ ਦੇ ਮਿਲਣ ਨਾਲ ਮੇਰੇ ਮਨ ਵਿਚ ਇਕ ਸੁੰਦਰ ਤਬਦੀਲੀ ਪੈਦਾ ਹੋ ਗਈ ਹੈ । ਜ਼ਿਆਦਾ ਜ਼ੋਰ ਗੁਰੂ ਦੀ ਮਿਹਰ ਉੱਤੇ ਹੈ ਤੇ ਫਿਰ ਮਨ ਦੀ ਤਬਦੀਲੀ ਉੱਤੇ । ਗੁਰੂ ਕਿਵੇਂ ਮਿਲਿਆ? ਇਹ ਗੱਲ ਉਹਨਾਂ ਇਸ਼ਾਰੇ-ਮਾਤ੍ਰ ਹੀ 'ਰਹਾਉ' ਦੀ ਤੁਕ ਵਿਚ ਦੱਸੀ ਹੈ । ਸਤਿਗੁਰੂ ਨਾਨਕ ਦੇਵ ਜੀ ਨੇ ਉਸ ਇਸ਼ਾਰੇ-ਮਾਤ੍ਰ ਦੱਸੇ ਖ਼ਿਆਲ ਨੂੰ ਚੰਗੀ ਤਰ੍ਹਾਂ ਖੁਲ੍ਹੇ ਲਫ਼ਜ਼ਾਂ ਵਿਚ ਬਿਆਨ ਕਰ ਦਿੱਤਾ ਹੈ ਕਿ ਇਹ ਸਾਰੀ ਮਿਹਰ ਪਰਮਾਤਮਾ ਦੀ ਹੁੰਦੀ ਹੈ, ਤਾਂ ਹੀ ਗੁਰੂ ਮਿਲਦਾ ਹੈ ।

ਪਾਠਕ ਸੱਜਣ ਮੁੜ ਇਹਨਾਂ ਦੋਹਾਂ ਸ਼ਬਦਾਂ ਨੂੰ ਸਾਹਮਣੇ ਰੱਖ ਕੇ ਗਹੁ ਨਾਲ ਪੜ੍ਹਨ । ਕੀ ਇਹ ਗੱਲ ਯਕੀਨੀ ਨਹੀਂ ਹੈ ਕਿ ਸਤਿਗੁਰੂ ਨਾਨਕ ਦੇਵ ਜੀ ਨੇ ਇਹ ਸ਼ਬਦ ਭਗਤ ਨਾਮਦੇਵ ਜੀ ਦੇ ਸ਼ਬਦ ਨੂੰ ਚੰਗੀ ਤਰ੍ਹਾਂ ਸਪੱਸ਼ਟ ਕਰਨ ਵਾਸਤੇ ਲਿਖਿਆ ਹੈ? ਗੁਰੂ ਨਾਨਕ ਦੇਵ ਜੀ ਨੇ ਸਾਰੇ ਭਾਰਤ ਵਿਚ ਚੱਕਰ ਲਾਇਆ ਸੀ ਜਿਸ ਨੂੰ ਅਸੀ ਉਹਨਾਂ ਦੀ 'ਪਹਿਲੀ ਉਦਾਸੀ' ਆਖਦੇ ਹਾਂ; ਦੱਖਣ ਵਿਚ ਭੀ ਗਏ । ਨਾਮਦੇਵ ਜੀ ਸੂਬਾ ਬੰਬਈ ਦੇ ਜ਼ਿਲਾ

ਸਤਾਰਾ ਦੇ ਨਗਰ ਪੰਡਰਪੁਰ ਵਿਚ ਹੀ ਬਹੁਤ ਸਮਾ ਰਹੇ, ਉੱਥੇ ਹੀ ਇਹਨਾਂ ਦਾ ਦੇਹਾਂਤ ਹੋਇਆ । ਸਾਰਾ ਭਾਰਤ ਮੂਰਤੀ-ਪੂਜਾ ਵਿਚ ਮਸਤ ਸੀ, ਕਿਤੇ ਟਾਵੇਂ ਟਾਵੇਂ ਹੀ ਰੱਬ ਦੇ ਪਿਆਰੇ ਸਨ, ਜੋ ਇੱਕ ਅਕਾਲ ਦੀ ਬੰਦਗੀ ਦਾ ਮੱਧਮ ਜਿਹਾ ਦੀਵਾ ਜਗਾ ਰਹੇ ਸਨ । ਕੀ ਇਹ ਗੱਲ ਕੁਦਰਤੀ ਨਹੀਂ ਸੀ ਕਿ ਦੱਖਣ ਵਿਚ ਜਾ ਕੇ ਇਕ ਆਪਣੇ ਹੀ ਹਮ-ਖ਼ਿਆਲ ਰੱਬੀ ਆਸ਼ਕ ਦਾ ਵਤਨ ਵੇਖਣ ਦੀ ਤਾਂਘ ਗੁਰੂ ਨਾਨਕ ਸਾਹਿਬ ਦੇ ਮਨ ਵਿਚ ਪੈਦਾ ਹੋਵੇ? ਕੀ ਇਹ ਗੱਲ ਕੁਦਰਤੀ ਨਹੀਂ ਸੀ ਕਿ ਉਸ ਨਗਰ ਜਾ ਕੇ ਸਤਿਗੁਰੂ ਜੀ ਨੇ ਉੱਥੋਂ ਭਗਤ ਨਾਮਦੇਵ ਜੀ ਦੀ ਬਾਣੀ ਭੀ ਲਿਖ ਕੇ ਸਾਂਭ ਲਈ? ਇਸ ਗੱਲ ਦਾ ਪਰਤੱਖ ਸਬੂਤ ਇਹ ਦੋਵੇਂ ਸ਼ਬਦ ਹਨ, ਜੋ ਉੱਪਰ ਲਿਖੇ ਗਏ ਹਨ । ਇਹ ਦੋਵੇਂ ਸ਼ਬਦ ਸਬੱਬ ਨਾਲ ਹੀ ਸੋਰਠਿ ਰਾਗ ਵਿਚ ਦਰਜ ਨਹੀਂ ਹੋ ਗਏ, ਸਬੱਬ ਨਾਲ ਹੀ ਦੋਹਾਂ ਦੇ ਲਫ਼ਜ਼ ਤੇ ਖ਼ਿਆਲ ਆਪੋ ਵਿਚ ਨਹੀਂ ਮਿਲ ਗਏ । ਇਹ ਸਭ ਕੁਝ ਸਤਿਗੁਰੂ ਨਾਨਕ ਦੇਵ ਜੀ ਨੇ ਆਪ ਹੀ ਕੀਤਾ । ਭਗਤ ਨਾਮਦੇਵ ਜੀ ਦੀ ਬਾਣੀ ਜੋ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੈ, ਸਤਿਗੁਰੂ ਨਾਨਕ ਦੇਵ ਜੀ ਨੇ ਆਪ ਹੀ ਉਹਨਾਂ ਦੇ ਵਤਨ ਤੋਂ ਲਿਆਂਦੀ ਤੇ ਸਿੱਖ ਕੌਮ ਵਾਸਤੇ ਆਪਣੀ ਬਾਣੀ ਦੇ ਨਾਲ ਸਾਂਭ ਕੇ ਰੱਖਣ ਲਈ ਲਿਆਂਦੀ । ਸਾਰਾ ਭਾਰਤ ਮੂਰਤੀ-ਪੂਜਕਾਂ ਨਾਲ ਭਰਿਆ ਪਿਆ ਸੀ, ਜੇ ਭਗਤ ਨਾਮਦੇਵ ਭੀ ਮੂਰਤੀ-ਪੂਜ ਹੁੰਦੇ, ਤਾਂ ਇਹਨਾਂ ਵਾਸਤੇ ਸਤਿਗੁਰੂ ਜੀ ਨੂੰ ਕੋਈ ਖ਼ਾਸ ਖਿੱਚ ਨਹੀਂ ਸੀ ਹੋ ਸਕਦੀ ।

ਅਰਥ:- ਹੇ ਭਾਈ! ਮੈਨੂੰ ਪ੍ਰਭੂ-ਦੇਵ ਨੇ ਸਤਿਗੁਰੂ ਮਿਲਾ ਦਿੱਤਾ ਹੈ, (ਉਸ ਦੀ ਬਰਕਤਿ ਨਾਲ, ਮੇਰਾ ਮਨ) ਉਸ ਦੇ ਸ਼ਬਦ ਵਿਚ ਲੀਨ ਹੋ ਗਿਆ ਹੈ ।੧।ਰਹਾਉ।

(ਹੁਣ ਸ਼ਬਦ ਦੀ ਬਰਕਤਿ ਦਾ ਸਦਕਾ) ਜਿਉਂ ਜਿਉਂ ਮੈਂ ਪਰਮਾਤਮਾ ਦਾ (ਹਰ ਥਾਂ) ਦੀਦਾਰ ਕਰਦਾ ਹਾਂ ਮੈਂ (ਆਪ-ਮੁਹਾਰਾ) ਉਸ ਦੀ ਸਿਫ਼ਤਿ-ਸਾਲਾਹ ਕਰਦਾ ਹਾਂ ਤੇ ਹੇ ਭਾਈ! ਮੇਰੇ ਅੰਦਰ ਠੰਢ ਪੈਂਦੀ ਜਾਂਦੀ ਹੈ ।੧।

(ਹੇ ਭਾਈ!) ਜਿਸ ਮਨ ਵਿਚ ਪਹਿਲਾਂ ਚੰਚਲਤਾ ਦਿੱਸ ਰਹੀ ਸੀ ਉੱਥੇ ਹੁਣ ਇੱਕ-ਰਸ ਗੁਰ-ਸ਼ਬਦ ਦਾ ਪ੍ਰਭਾਵ ਪੈ ਰਿਹਾ ਹੈ, ਹੁਣ ਮੇਰੀ ਆਤਮਾ ਪਰਮਾਤਮਾ ਵਿਚ ਮਿਲ ਗਈ ਹੈ, ਸਤਿਗੁਰੂ ਦੀ ਕਿਰਪਾ ਨਾਲ ਮੈਂ ਉਸ ਜੋਤਿ ਨੂੰ ਪਛਾਣ ਲਿਆ ਹੈ ।੨।

ਮੇਰੇ ਹਿਰਦੇ-ਕਮਲ ਦੀ ਕੋਠੜੀ ਵਿਚ ਰਤਨ ਸਨ (ਪਰ ਲੁਕੇ ਹੋਏ ਸਨ); ਹੁਣ ਉੱਥੇ (ਗੁਰੂ ਦੀ ਮਿਹਰ ਸਦਕਾ, ਮਾਨੋ) ਬਿਜਲੀ ਦੀ ਲਿਸ਼ਕ (ਵਰਗਾ ਚਾਨਣ) ਹੈ (ਤੇ ਉਹ ਰਤਨ ਦਿੱਸ ਪਏ ਹਨ); ਹੁਣ ਪ੍ਰਭੂ ਕਿਤੇ ਦੂਰ ਨਹੀਂ ਜਾਪਦਾ, ਨੇੜੇ ਦਿੱਸਦਾ ਹੈ, ਮੈਨੂੰ ਆਪਣੇ ਅੰਦਰ ਹੀ ਭਰਪੂਰ ਦਿੱਸਦਾ ਹੈ ।੩।

ਜਿਸ ਮਨ ਵਿਚ ਹੁਣ ਇੱਕ-ਰਸ ਸੂਰਜ ਦੇ ਚਾਨਣ ਵਰਗਾ ਚਾਨਣ ਹੈ, ਇੱਥੇ ਪਹਿਲਾਂ (ਮਾਨੋ) ਮੱਧਮ ਜਿਹਾ ਦੀਵਾ ਬਲ ਰਿਹਾ ਸੀ; ਹੁਣ ਗੁਰੂ ਦੀ ਕਿਰਪਾ ਨਾਲ ਮੇਰੀ ਉਸ ਪ੍ਰਭੂ ਨਾਲ ਜਾਣ-ਪਛਾਣ ਹੋ ਗਈ ਹੈ ਤੇ ਮੈਂ ਦਾਸ ਨਾਮਦੇਵ ਅਡੋਲ ਅਵਸਥਾ ਵਿਚ ਟਿਕ ਗਿਆ ਹਾਂ ।੪।੧।

ਨੋਟ:- ਭਗਤ-ਬਾਣੀ ਦੇ ਵਿਰੋਧੀ ਸੱਜਣ ਇਸ ਸ਼ਬਦ ਦੇ ਲਫ਼ਜ਼ "ਅਨਹਦ ਸਬਦ" ਦਾ ਹਵਾਲਾ ਦੇ ਕੇ ਆਖਦੇ ਹਨ ਕਿ ਭਗਤ ਨਾਮਦੇਵ ਜੀ ਯੋਗਾਭਿਆਸ ਅੰਦਰ ਭੀ ਵਿਚਰਦੇ ਸਨ ਕਿਉਂਕਿ ਆਪ ਜੀ ਦੀ ਰਚਨਾ ਵਿਚ ਯੋਗ ਅਭਿਆਸ ਦੀ ਝਲਕ ਪੈਂਦੀ ਹੈ । ਪਰ ਸਿਰਫ਼ ਲਫ਼ਜ਼ 'ਅਨਹਦ ਸਬਦ' ਤੋਂ ਇਹ ਗੱਲ ਸਾਬਤ ਨਹੀਂ ਹੋ ਜਾਂਦੀ । ਗੁਰੂ ਨਾਨਕ ਦੇਵ ਜੀ ਦਾ ਆਰਤੀ ਵਾਲਾ ਸ਼ਬਦ ਪੜ੍ਹ ਕੇ ਵੇਖੋ "ਅਨਹਤਾ ਸਬਦ ਵਾਜੰਤ ਭੇਰੀ" । ਕੀ ਸਤਿਗੁਰੂ ਜੀ ਨੂੰ ਯੋਗ-ਅੱਭਿਆਸੀ ਆਖ ਦਿਓਗੇ?

ਭਗਤ ਜੀ ਨੇ ਤਿੰਨ ਵਾਰੀ ਸਾਫ਼ ਲਫ਼ਜ਼ਾਂ ਵਿਚ ਆਖਿਆ ਹੈ ਕਿ ਮੈਂ ਇਹ ਲੀਨਤਾ ਸਤਿਗੁਰੂ ਦੀ ਮਿਹਰ ਨਾਲ ਹਾਸਲ ਕੀਤੀ ਹੈ । 'ਰਹਾਉ' ਵਿਚ ਹੀ ਆਖਦੇ ਹਨ ਕਿ ਮੈਨੂੰ ਪ੍ਰਭੂ ਨੇ ਗੁਰੂ ਮਿਲਾਇਆ ਹੈ । ਫਿਰ ਦੋ ਵਾਰੀ ਹੋਰ ਆਖਦੇ ਹਨ:

ਜੋਤੀ ਜੋਤ ਸਮਾਨੀ ॥ ਮੈ ਗੁਰ ਪਰਸਾਦੀ ਜਾਨੀ ॥
ਅਤੇ
ਗੁਰ ਪਰਸਾਦੀ ਜਾਨਿਆ ॥ ਜਨ ਨਾਮਾ ਸਹਜਿ ਸਮਾਨਿਆ ॥

ਇਹ ਸੱਚਾਈ ਲੁਕਾਈ ਨਹੀਂ ਜਾ ਸਕਦੀ ।

ਘਰੁ ੪ ਸੋਰਠਿ ॥ ਪਾੜ ਪੜੋਸਣਿ ਪੂਛਿ ਲੇ ਨਾਮਾ ਕਾ ਪਹਿ ਛਾਨਿ ਛਵਾਈ ਹੋ ॥ ਤੋ ਪਹਿ ਦੁਗਣੀ ਮਜੂਰੀ ਦੈਹਉ ਮੋ ਕਉ ਬੇਢੀ ਦੇਹੁ ਬਤਾਈ ਹੋ ॥੧॥ ਰੀ ਬਾਈ ਬੇਢੀ ਦੇਨੁ ਨ ਜਾਈ ॥ ਦੇਖੁ ਬੇਢੀ ਰਹਿਓ ਸਮਾਈ ॥ ਹਮਾਰੈ ਬੇਢੀ ਪ੍ਰਾਨ ਅਧਾਰਾ ॥੧॥ ਰਹਾਉ ॥ ਬੇਢੀ ਪ੍ਰੀਤਿ ਮਜੂਰੀ ਮਾਂਗੈ ਜਉ ਕੋਊ ਛਾਨਿ ਛਵਾਵੈ ਹੋ ॥ ਲੋਗ ਕੁਟੰਬ ਸਭਹੁ ਤੇ ਤੋਰੈ ਤਉ ਆਪਨ ਬੇਢੀ ਆਵੈ ਹੋ ॥੨॥ ਐਸੋ ਬੇਢੀ ਬਰਨਿ ਨ ਸਾਕਉ ਸਭ ਅੰਤਰ ਸਭ ਠਾਂਈ ਹੋ ॥ ਗੂੰਗੈ ਮਹਾ ਅੰਮ੍ਰਿਤ ਰਸੁ ਚਾਖਿਆ ਪੂਛੇ ਕਹਨੁ ਨ ਜਾਈ ਹੋ ॥੩॥ ਬੇਢੀ ਕੇ ਗੁਣ ਸੁਨਿ ਰੀ ਬਾਈ ਜਲਧਿ ਬਾਂਧਿ ਧ੍ਰੂ ਥਾਪਿਓ ਹੋ ॥ ਨਾਮੇ ਕੇ ਸੁਆਮੀ ਸੀਅ ਬਹੋਰੀ ਲੰਕ ਭਭੀਖਣ ਆਪਿਓ ਹੋ ॥੪॥੨॥ {ਪੰਨਾ 657}

ਪਦਅਰਥ:- ਪਾੜ—ਪਾਰ ਦੀ, ਨਾਲ ਦੀ । ਪੜੋਸਣਿ—ਗੁਆਂਢਣ ਨੇ । ਪੂਛਿ ਲੇ—ਪੁੱਛਿਆ । ਨਾਮਾ—ਹੇ ਨਾਮਦੇਵ! ਕਾ ਪਹਿ—ਕਿਸ ਪਾਸੋਂ? ਛਾਨਿ—ਛੰਤ, ਛਪਰੀ, ਕੁੱਲੀ । ਛਵਾਈ—ਬਣਵਾਈ ਹੈ । ਤੋ ਪਹਿ—ਤੇਰੇ ਨਾਲੋਂ । ਦੈ ਹਉ—ਮੈਂ ਦੇ ਦਿਆਂਗੀ । ਬੇਢੀ—ਤਰਖਾਣ । ਦੇਹੁ ਬਤਾਈ—ਦੱਸ ਦੇਹ ।੧।

ਰੀ ਬਾਈ—ਹੇ ਭੈਣ! {ਨੋਟ:- ਲਫ਼ਜ਼ 'ਰੀ' ਇਸਤ੍ਰੀ ਲਿੰਗ ਹੈ ਅਤੇ 'ਰੇ' ਪੁਲਿੰਗ ਹੈ; ਜਿੱਥੇ, 'ਰੇ ਲੋਈ' ਆਇਆ ਹੈ ਉੱਥੇ ਲਫ਼ਜ਼ 'ਲੋਈ' ਪੁਲਿੰਗ ਹੈ ।} ਦੇਨੁ ਨ ਜਾਈ—ਦਿੱਤਾ ਨਹੀਂ ਜਾ ਸਕਦਾ । ਪ੍ਰਾਣ ਅਧਾਰਾ—ਪ੍ਰਾਣਾਂ ਦਾ ਆਸਰਾ ।ਰਹਾਉ।

ਸਭਹੁ ਤੇ—ਸਭਨਾਂ ਨਾਲੋਂ । ਤੋਰੈ—ਤੋੜ ਦੇਵੇ । ਤਉ—ਤਾਂ । ਆਪਨ—ਆਪਣੇ ਆਪ ।੨।

ਬਰਨਿ ਨ ਸਾਕਉ—ਮੈਂ ਬਿਆਨ ਨਹੀਂ ਕਰ ਸਕਦਾ । ਅੰਤਰ—ਅੰਦਰ । ਠਾਂਈ—ਥਾਂਈ । ਗੂੰਗੈ—ਗੂੰਗੇ ਨੇ । ਪੂਛੇ—ਪੁੱਛਿਆਂ ।੩।

ਜਲਧਿ—ਸਮੁੰਦਰ । ਬਾਂਧਿ—(ਪੁਲ) ਬੰਨ੍ਹ ਕੇ । ਥਾਪਿਓ—ਅਟੱਲ ਕਰ ਦਿੱਤਾ । ਸੀਅ—ਸੀਤਾ । ਬਹੋਰੀ—(ਰਾਵਣ ਤੋਂ) ਮੋੜ ਲਿਆਂਦੀ । ਆਪਿਓ—ਅਪਣਾ ਦਿੱਤਾ, ਮਾਲਕ ਬਣਾ ਦਿੱਤਾ ।੪।

ਅਰਥ:- ਨਾਲ ਦੀ ਗੁਆਂਢਣ ਨੇ ਪੁੱਛਿਆ—ਹੇ ਨਾਮੇ! ਤੂੰ ਆਪਣੀ ਛੰਨ ਕਿਸ ਪਾਸੋਂ ਬਣਵਾਈ ਹੈ? ਮੈਨੂੰ ਉਸ ਤਰਖਾਣ ਦੀ ਦੱਸ ਪਾ, ਮੈਂ ਤੇਰੇ ਨਾਲੋਂ ਦੂਣੀ ਮਜੂਰੀ ਦੇ ਦਿਆਂਗੀ ।੧।

ਹੇ ਭੈਣ! ਉਸ ਤਰਖਾਣ ਦੀ (ਇਸ ਤਰ੍ਹਾਂ) ਦੱਸ ਨਹੀਂ ਪਾਈ ਜਾ ਸਕਦੀ; ਵੇਖ, ਉਹ ਤਰਖਾਣ ਹਰ ਥਾਂ ਮੌਜੂਦ ਹੈ ਤੇ ਉਹ ਮੇਰੀ ਜਿੰਦ ਦਾ ਆਸਰਾ ਹੈ ।੧।ਰਹਾਉ।

(ਹੇ ਭੈਣ!) ਜੇ ਕੋਈ ਮਨੁੱਖ (ਉਸ ਤਰਖਾਣ ਪਾਸੋਂ) ਛੰਨ ਬਣਵਾਏ ਤਾਂ ਉਹ ਤਰਖਾਣ ਪ੍ਰੀਤ (ਦੀ) ਮਜੂਰੀ ਮੰਗਦਾ ਹੈ; (ਪ੍ਰੀਤ ਭੀ ਅਜਿਹੀ ਹੋਵੇ ਕਿ ਲੋਕਾਂ ਨਾਲੋਂ, ਪਰਵਾਰ ਨਾਲੋਂ, ਸਭਨਾਂ ਨਾਲੋਂ, ਮੋਹ ਤੋੜ ਲਏ; ਤਾਂ ਉਹ ਤਰਖਾਣ ਆਪਣੇ ਆਪ ਆ ਜਾਂਦਾ ਹੈ) ।੨।

(ਜਿਵੇਂ) ਜੇ ਕੋਈ ਗੁੰਗਾ ਬੜਾ ਸੁਆਦਲਾ ਪਦਾਰਥ ਖਾਏ ਤਾਂ ਪੁੱਛਿਆਂ (ਉਸ ਪਾਸੋਂ ਉਸ ਦਾ ਸੁਆਦ) ਦੱਸਿਆ ਨਹੀਂ ਜਾ ਸਕਦਾ; ਤਿਵੇਂ ਮੈਂ (ਉਸ) ਐਸੇ ਤਰਖਾਣ ਦਾ ਸਰੂਪ ਬਿਆਨ ਨਹੀਂ ਕਰ ਸਕਦਾ, (ਉਂਞ) ਉਹ ਸਭਨਾਂ ਵਿਚ ਹੈ, ਉਹ ਸਭ ਥਾਈਂ ਹੈ ।੩।

ਹੇ ਭੈਣ! ਉਸ ਤਰਖਾਣ ਦੇ (ਕੁਝ ਥੋੜੇ ਜਿਹੇ) ਗੁਣ ਸੁਣ ਲੈ—ਉਸ ਨੇ ਧ੍ਰੂ ਨੂੰ ਅਟੱਲ ਪਦਵੀ ਦਿੱਤੀ, ਉਸ ਨੇ ਸਮੁੰਦਰ (ਤੇ ਪੁਲ) ਬੱਧਾ, ਨਾਮਦੇਵ ਦੇ (ਉਸ ਤਰਖਾਣ) ਨੇ (ਲੋਕਾਂ ਤੋਂ) ਸੀਤਾ ਮੋੜ ਕੇ ਲਿਆਂਦੀ ਤੇ ਭਭੀਖਣ ਨੂੰ ਲੰਕਾ ਦਾ ਮਾਲਕ ਬਣਾ ਦਿੱਤਾ ।੪।੨।

ਨੋਟ:- ਇਹ ਗੱਲ ਜਗਤ ਵਿਚ ਆਮ ਵੇਖਣ ਵਿਚ ਆਉਂਦੀ ਹੈ ਕਿ ਨਿਰੇ ਪੈਸੇ ਲੈ ਕੇ ਕੰਮ ਕਰਨ ਵਾਲਿਆਂ ਨਾਲੋਂ ਉਹ ਮਨੁੱਖ ਵਧੀਕ ਖਿੱਚ ਤੇ ਸ਼ੌਕ ਨਾਲ ਕੰਮ ਕਰਦੇ ਹਨ ਜੋ ਪਿਆਰ ਦੀ ਲਗਨ ਨਾਲ ਕਰਦੇ ਹਨ । ਸੰਨ ੧੯੨੨-੨੩ ਵਿਚ ਸ੍ਰੀ ਦਰਬਾਰ ਸਾਹਿਬ ਦੇ ਸਰੋਵਰ ਦੀ ਜੋ ਕਾਰ-ਸੇਵਾ ਪ੍ਰੇਮ-ਆਸਰੇ ਸੋਨੇ ਦੇ ਚੂੜੇ ਵਾਲੀਆਂ ਬੀਬੀਆਂ ਨੇ ਦਿਨਾਂ ਵਿਚ ਹੀ ਸਿਰੇ ਚਾੜ੍ਹ ਦਿੱਤੀ ਸੀ, ਉਹ ਮਜੂਰੀ ਲੈ ਕੇ ਕੰਮ ਕਰਨ ਵਾਲੇ ਮੋਟੇ ਤਕੜੇ ਮਨੁੱਖ ਮਹੀਨਿਆਂ ਵਿਚ ਭੀ ਨਾ ਮੁਕਾਉਂਦੇ ।

ਨਾਮਦੇਵ ਜੀ ਮਾਇਆ ਵਲੋਂ ਤਾਂ ਗਰੀਬ ਸਨ, ਪਰ ਪ੍ਰਭੂ-ਪਿਆਰ ਵਿਚ ਰੰਗੇ ਹੋਏ ਸਨ । ਇਕ ਵਾਰੀ ਉਹਨਾਂ ਦਾ ਘਰ ਢਹਿ ਗਿਆ, ਭਗਤ ਨਾਲ ਰੱਬੀ ਪਿਆਰ ਦੀ ਸਾਂਝ ਰੱਖਣ ਵਾਲੇ ਕਿਸੇ ਪਿਆਰ-ਹਿਰਦੇ ਵਾਲੇ ਨੇ ਆ ਕੇ ਬੜੀ ਰੀਝ ਨਾਲ ਉਹ ਘਰ ਮੁੜ ਬਣਾ ਦਿੱਤਾ । ਜਿੱਥੇ ਪ੍ਰੇਮ ਹੈ ਉੱਥੇ ਰੱਬ ਆਪ ਹੈ । ਸਤਸੰਗੀ ਜੋ ਇਕ ਦੂਜੇ ਦਾ ਕੰਮ ਕਰਦੇ ਹਨ, ਪ੍ਰੇਮ ਦੇ ਖਿੱਚੇ ਹੋਏ ਕਰਦੇ ਹਨ, ਪ੍ਰੇਮ-ਦੇ-ਸੋਮੇ ਪ੍ਰਭੂ ਦੇ ਪ੍ਰੇਰੇ ਹੋਏ ਕਰਦੇ ਹਨ, ਉਹਨਾਂ ਪ੍ਰੇਮੀ ਜੀਉੜਿਆਂ ਵਿਚ ਪ੍ਰਭੂ ਆਪ ਬੈਠਾ ਉਹ ਕੰਮ ਕਰਦਾ ਹੈ । ਸੋ, ਇਹ ਕੁਦਰਤੀ ਗੱਲ ਹੈ ਕਿ ਉਹ ਕੰਮ ਹੋਰਨਾਂ ਲੋਕਾਂ ਦੇ ਕੰਮਾਂ ਨਾਲੋਂ ਵਧੀਕ ਚੰਗਾ ਤੇ ਸੋਹਣਾ ਬਣੇ । ਨਾਮਦੇਵ ਜੀ ਦੀ ਗੁਆਂਢਣ ਦੇ ਮਨ ਵਿਚ ਭੀ ਰੀਝ ਆਈ ਉਸ ਤਰਖਾਣ ਦਾ ਪਤਾ ਲੈਣ ਲਈ, ਜਿਸ ਨੇ ਨਾਮਦੇਵ ਦਾ ਕੋਠਾ ਬਣਾਇਆ ਸੀ ।

ਨੋਟ:- ਭਗਤ-ਬਾਣੀ ਦੇ ਵਿਰੋਧੀ ਸੱਜਣ ਨੇ ਇਸ ਸ਼ਬਦ ਦੀ ਅਖ਼ੀਰਲੀ ਤੁਕ ਦਾ ਹਵਾਲਾ ਦੇ ਕੇ ਲਿਖਿਆ ਹੈ ਕਿ ਭਗਤ ਨਾਮਦੇਵ ਜੀ ਕਿਸੇ ਸਮੇ ਸ੍ਰੀ ਰਾਮ ਚੰਦਰ ਜੀ ਦੇ ਉਪਾਸ਼ਕ ਸਨ । ਪਰ ਇਸ ਤੋਂ ਪਹਿਲੀ ਤੁਕ ਵਿਰੋਧੀ ਸੱਜਣ ਨੇ ਪੜ੍ਹੀ ਨਹੀਂ ਜਾਪਦੀ, ਜਿਸ ਵਿਚ 'ਧ੍ਰੂ ਥਾਪਿਓ ਹੋ' ਲਿਖਿਆ ਹੋਇਆ ਹੈ । ਧ੍ਰੂ ਭਗਤ ਸ੍ਰੀ ਰਾਮ ਚੰਦਰ ਜੀ ਤੋਂ ਪਹਿਲੇ ਜੁਗ ਵਿਚ ਹੋ ਚੁਕਾ ਸੀ । ਜਿਸ 'ਬੇਢੀ' ਦੇ ਗੁਣ ਨਾਮਦੇਵ ਜੀ ਪੜੋਸਣ ਨੂੰ ਦੱਸ ਰਹੇ ਹਨ 'ਰਹਾਉ' ਦੀਆਂ ਤੁਕਾਂ ਵਿਚ, ਉਸ ਬਾਰੇ ਆਖਦੇ ਹਨ "ਬੇਢੀ ਰਹਿਓ ਸਮਾਈ" । ਸੋ ਨਾਮਦੇਵ ਜੀ ਸਰਬ ਵਿਆਪਕ ਦੇ ਉਪਾਸ਼ਕ ਸਨ ।

ਸੋਰਠਿ ਘਰੁ ੩ ॥ ਅਣਮੜਿਆ ਮੰਦਲੁ ਬਾਜੈ ॥ ਬਿਨੁ ਸਾਵਣ ਘਨਹਰੁ ਗਾਜੈ ॥ ਬਾਦਲ ਬਿਨੁ ਬਰਖਾ ਹੋਈ ॥ ਜਉ ਤਤੁ ਬਿਚਾਰੈ ਕੋਈ ॥੧॥ ਮੋ ਕਉ ਮਿਲਿਓ ਰਾਮੁ ਸਨੇਹੀ ॥ ਜਿਹ ਮਿਲਿਐ ਦੇਹ ਸੁਦੇਹੀ ॥੧॥ ਰਹਾਉ ॥ ਮਿਲਿ ਪਾਰਸ ਕੰਚਨੁ ਹੋਇਆ ॥ ਮੁਖ ਮਨਸਾ ਰਤਨੁ ਪਰੋਇਆ ॥ ਨਿਜ ਭਾਉ ਭਇਆ ਭ੍ਰਮੁ ਭਾਗਾ ॥ ਗੁਰ ਪੂਛੇ ਮਨੁ ਪਤੀਆਗਾ ॥੨॥ ਜਲ ਭੀਤਰਿ ਕੁੰਭ ਸਮਾਨਿਆ ॥ ਸਭ ਰਾਮੁ ਏਕੁ ਕਰਿ ਜਾਨਿਆ ॥ ਗੁਰ ਚੇਲੇ ਹੈ ਮਨੁ ਮਾਨਿਆ ॥ ਜਨ ਨਾਮੈ ਤਤੁ ਪਛਾਨਿਆ ॥੩॥੩॥ {ਪੰਨਾ 657}

ਪਦਅਰਥ:- ਮੰਦਲੁ—ਢੋਲ । ਬਾਜੈ—ਵੱਜਦਾ ਹੈ । ਬਿਨੁ ਸਾਵਣ—ਸਾਵਣ ਦਾ ਮਹੀਨਾ ਆਉਣ ਤੋਂ ਬਿਨਾ ਹੀ,

ਹਰ ਵੇਲੇ । ਘਨਹਰੁ—ਬੱਦਲ । ਗਾਜੈ—ਗੱਜਦਾ ਹੈ । ਜਉ—ਜਦੋਂ । ਕੋਈ—ਕੋਈ ਮਨੁੱਖ ।੧।

ਮੋ ਕਉ—ਮੈਨੂੰ । ਸਨੇਹੀ—ਪਿਆਰਾ । ਜਿਹ ਮਿਲਿਐ—ਜਿਸ (ਰਾਮ) ਦੇ ਮਿਲਣ ਨਾਲ । ਦੇਹ—ਸਰੀਰ । ਸੁਦੇਹੀ—ਸੋਹਣੀ ਕਾਇਆਂ ।੧।ਰਹਾਉ।

ਮਿਲਿ—ਮਿਲ ਕੇ, ਛੋਹ ਕੇ । ਕੰਚਨੁ—ਸੋਨਾ । ਮਨਸਾ—ਮੂੰਹ ਵਿਚ ਤੇ ਖ਼ਿਆਲਾਂ ਵਿਚ, (ਭਾਵ, ਬਚਨਾਂ ਵਿਚ ਤੇ ਖ਼ਿਆਲਾਂ ਵਿਚ) । ਨਿਜ ਭਾਉ—ਆਪਣਿਆਂ ਵਾਲਾ ਪਿਆਰ । ਭ੍ਰਮੁ—ਭੁਲੇਖਾ (ਕਿ ਕਿਤੇ ਕੋਈ ਓਪਰਾ ਭੀ ਹੈ) । ਗੁਰ ਪੂਛੇ—ਗੁਰੂ ਦੀ ਸਿੱਖਿਆ ਲੈ ਕੇ । ਪਤੀਆਗਾ—ਪਤੀਜ ਗਿਆ ਹੈ, ਤਸੱਲੀ ਹੋ ਗਈ ਹੈ ।੨।

ਭੀਤਰਿ—ਅੰਦਰ, ਵਿਚ । ਕੁੰਭ—ਪਾਣੀ ਦਾ ਘੜਾ, ਜੀਵਾਤਮਾ । ਸਭ—ਹਰ ਥਾਂ । ਗੁਰ ਚੇਲੇ ਮਨੁ—ਗੁਰੂ ਦਾ ਤੇ ਚੇਲੇ ਦਾ ਮਨ । ਨਾਮੈ—ਨਾਮਦੇਵ ਨੇ ।੩।

ਅਰਥ:- ਮੈਨੂੰ ਪਿਆਰਾ ਰਾਮ ਮਿਲ ਪਿਆ ਹੈ, ਜਿਸ ਦੇ ਮਿਲਣ ਦੀ ਬਰਕਤਿ ਨਾਲ ਮੇਰਾ ਸਰੀਰ ਭੀ ਚਮਕ ਪਿਆ ਹੈ ।੧।ਰਹਾਉ।

ਜਿਹੜਾ ਭੀ ਕੋਈ ਮਨੁੱਖ ਇਸ ਅਸਲੀਅਤ ਨੂੰ ਵਿਚਾਰਦਾ ਹੈ (ਭਾਵ, ਜਿਸ ਦੇ ਭੀ ਅੰਦਰ ਇਹ ਮੇਲ-ਅਵਸਥਾ ਵਾਪਰਦੀ ਹੈ, ਉਸ ਦੇ ਅੰਦਰ) ਢੋਲ ਵੱਜਣ ਲੱਗ ਪੈਂਦਾ ਹੈ (ਪਰ ਉਹ ਢੋਲ ਖੱਲ ਨਾਲ) ਮੜ੍ਹਿਆ ਹੋਇਆ ਨਹੀਂ ਹੁੰਦਾ, (ਉਸ ਦੇ ਮਨ ਵਿਚ) ਬੱਦਲ ਗੱਜਣ ਲੱਗ ਪੈਂਦਾ ਹੈ, ਪਰ ਉਹ ਬੱਦਲ ਸਾਵਣ ਮਹੀਨੇ ਦੀ ਉਡੀਕ ਨਹੀਂ ਕਰਦਾ (ਭਾਵ, ਹਰ ਵੇਲੇ ਗੱਜਦਾ ਹੈ), ਉਸ ਦੇ ਅੰਦਰ ਬੱਦਲਾਂ ਤੋਂ ਬਿਨਾ ਹੀ ਮੀਂਹ ਪੈਣ ਲੱਗ ਜਾਂਦਾ ਹੈ (ਬੱਦਲ ਤਾਂ ਕਦੇ ਆਏ ਤੇ ਕਦੇ ਚਲੇ ਗਏ, ਉੱਥੇ ਹਰ ਵੇਲੇ ਹੀ ਨਾਮ ਦੀ ਵਰਖਾ ਹੁੰਦੀ ਹੈ) ।੧।

ਨੋਟ:- ਜਿਵੇਂ ਕਿਤੇ ਢੋਲ ਵੱਜਿਆਂ ਨਿੱਕੇ-ਮੋਟੇ ਹੋਰ ਖੜਾਕ ਸੁਣਾਈ ਨਹੀਂ ਦੇਂਦੇ, ਤਿਵੇਂ ਜਿਸ ਮਨੁੱਖ ਦੇ ਅੰਦਰ ਰਾਮ-ਨਾਮ ਦਾ ਢੋਲ ਵੱਜਦਾ ਹੈ ਨਾਮ ਦਾ ਪ੍ਰਭਾਵ ਪੈਂਦਾ ਹੈ, ਉੱਥੇ ਮਾਇਕ ਵਿਕਾਰਾਂ ਦਾ ਸ਼ੋਰ ਨਹੀਂ ਸੁਣੀਂਦਾ; ਉੱਥੇ ਹਰ ਵੇਲੇ ਨਾਮ ਦਾ ਬੱਦਲ ਗੱਜਦਾ ਹੈ, ਤੇ ਮਨ-ਮੋਰ ਪੈਲਾਂ ਪਾਉਂਦਾ ਹੈ; ਉਥੇ ਹਰ ਵੇਲੇ ਨਾਮ ਦੀ ਵਰਖਾ ਨਾਲ ਠੰਢ ਪਈ ਰਹਿੰਦੀ ਹੈ

ਸਤਿਗੁਰੂ ਦੀ ਸਿੱਖਿਆ ਲੈ ਕੇ ਮੇਰਾ ਮਨ ਇਸ ਤਰ੍ਹਾਂ ਪਤੀਜ ਗਿਆ ਹੈ (ਤੇ ਸੁਅੱਛ ਹੋ ਗਿਆ ਹੈ) ਜਿਵੇਂ ਪਾਰਸ ਨਾਲ ਛੋਹ ਕੇ (ਲੋਹਾ) ਸੋਨਾ ਬਣ ਜਾਂਦਾ ਹੈ, ਹੁਣ ਮੇਰੇ ਬਚਨਾਂ ਵਿਚ ਤੇ ਖ਼ਿਆਲਾਂ ਵਿਚ ਨਾਮ-ਰਤਨ ਹੀ ਪਰੋਤਾ ਗਿਆ ਹੈ, (ਪ੍ਰਭੂ ਨਾਲ ਹੁਣ) ਮੇਰਾ ਆਪਣਿਆਂ ਵਾਲਾ ਪਿਆਰ ਪੈ ਗਿਆ ਹੈ, (ਇਹ) ਭੁਲੇਖਾ ਰਹਿ ਹੀ ਨਹੀਂ ਗਿਆ (ਕਿ ਕਿਤੇ ਕੋਈ ਓਪਰਾ ਭੀ ਹੈ) ।੨।

(ਜਿਵੇਂ ਸਮੁੰਦਰ ਦੇ) ਪਾਣੀ ਵਿਚ ਘੜੇ ਦਾ ਪਾਣੀ ਮਿਲ ਜਾਂਦਾ ਹੈ (ਤੇ ਆਪਣੀ ਵੱਖਰੀ ਹਸਤੀ ਮਿਟਾ ਲੈਂਦਾ ਹੈ), ਮੈਨੂੰ ਭੀ ਹੁਣ ਹਰ ਥਾਂ ਰਾਮ ਹੀ ਰਾਮ ਦਿੱਸਦਾ ਹੈ (ਮੇਰੀ ਆਪਣੀ ਅਪਣੱਤ ਰਹੀ ਹੀ ਨਹੀਂ); ਆਪਣੇ ਸਤਿਗੁਰੂ ਨਾਲ ਮੇਰਾ ਮਨ ਇਕ-ਮਿਕ ਹੋ ਗਿਆ ਹੈ ਤੇ ਮੈਂ ਦਾਸ ਨਾਮੇ ਨੇ (ਜਗਤ ਦੇ) ਅਸਲੇ ਪਰਮਾਤਮਾ ਨਾਲ (ਪੱਕੀ) ਸਾਂਝ ਪਾ ਲਈ ਹੈ ।੩।੩।

ਰਾਗੁ ਸੋਰਠਿ ਬਾਣੀ ਭਗਤ ਰਵਿਦਾਸ ਜੀ ਕੀ ੴ ਸਤਿਗੁਰ ਪ੍ਰਸਾਦਿ ॥ ਜਬ ਹਮ ਹੋਤੇ ਤਬ ਤੂ ਨਾਹੀ ਅਬ ਤੂਹੀ ਮੈ ਨਾਹੀ ॥ ਅਨਲ ਅਗਮ ਜੈਸੇ ਲਹਰਿ ਮਇ ਓਦਧਿ ਜਲ ਕੇਵਲ ਜਲ ਮਾਂਹੀ ॥੧॥ ਮਾਧਵੇ ਕਿਆ ਕਹੀਐ ਭ੍ਰਮੁ ਐਸਾ ॥ ਜੈਸਾ ਮਾਨੀਐ ਹੋਇ ਨ ਤੈਸਾ ॥੧॥ ਰਹਾਉ ॥ ਨਰਪਤਿ ਏਕੁ ਸਿੰਘਾਸਨਿ ਸੋਇਆ ਸੁਪਨੇ ਭਇਆ ਭਿਖਾਰੀ ॥ ਅਛਤ ਰਾਜ ਬਿਛੁਰਤ ਦੁਖੁ

ਪਾਇਆ ਸੋ ਗਤਿ ਭਈ ਹਮਾਰੀ ॥੨॥ ਰਾਜ ਭੁਇਅੰਗ ਪ੍ਰਸੰਗ ਜੈਸੇ ਹਹਿ ਅਬ ਕਛੁ ਮਰਮੁ ਜਨਾਇਆ ॥ ਅਨਿਕ ਕਟਕ ਜੈਸੇ ਭੂਲਿ ਪਰੇ ਅਬ ਕਹਤੇ ਕਹਨੁ ਨ ਆਇਆ ॥੩॥ ਸਰਬੇ ਏਕੁ ਅਨੇਕੈ ਸੁਆਮੀ ਸਭ ਘਟ ਭੋੁਗਵੈ ਸੋਈ ॥ ਕਹਿ ਰਵਿਦਾਸ ਹਾਥ ਪੈ ਨੇਰੈ ਸਹਜੇ ਹੋਇ ਸੁ ਹੋਈ ॥੪॥੧॥ {ਪੰਨਾ 657-658}

ਪਦਅਰਥ:- ਜਬ—ਜਿਤਨਾ ਚਿਰ । ਹਮ—ਅਸੀ, ਹਉਮੈ, ਆਪਾ-ਭਾਵ । ਹੋਤੇ—ਹੁੰਦੇ ਹਾਂ । ਮੈ—ਮੇਰੀ ਅਪਣੱਤ, ਹਉਮੈ । ਅਨਲ—{Skt. Ainl} ਹਵਾ । ਅਨਲ ਅਗਮ—ਭਾਰੀ ਹਨੇਰੀ (ਦੇ ਕਾਰਨ) । ਲਹਰਿ ਮਇ—ਲਹਰਿ ਮਯ, ਲਹਰਿ ਮੈ, {ਸੰ: ਮਯ—ਜਿਸ ਲਫ਼ਜ਼ ਦੇ ਅਖ਼ੀਰ ਵਿਚ ਲਫ਼ਜ਼ 'ਮਯ' ਵਰਤਿਆ ਜਾਏ, ਉਸ ਦੇ ਅਰਥ ਵਿਚ 'ਬਹੁਲਤਾ' ਦਾ ਖ਼ਿਆਲ ਵਧਾਇਆ ਜਾਂਦਾ ਹੈ, ਜਿਵੇਂ ਦਇਆ ਮਯ—ਦਇਆ ਨਾਲ ਭਰਪੂਰ} ਲਹਰਾਂ ਨਾਲ ਭਰਪੂਰ । ਓਦਧਿ—{Skt. ਉਦਧਿ, adiD} ਸਮੁੰਦਰ ।੧।

ਮਾਧਵੇ—ਹੇ ਮਾਧੋ! (ਨੋਟ:- ਲਫ਼ਜ਼ 'ਮਾਧੋ' ਭਗਤ ਰਵਿਦਾਸ ਜੀ ਦਾ ਖ਼ਾਸ ਪਿਆਰਾ ਲਫ਼ਜ਼ ਹੈ, ਬਹੁਤੀ ਵਾਰੀ ਪਰਮਾਤਮਾ ਵਾਸਤੇ ਇਹੀ ਲਫ਼ਜ਼ ਵਰਤਦੇ ਹਨ, ਸੰਸਕ੍ਰਿਤ ਧਾਰਮਿਕ ਪੁਸਤਕਾਂ ਵਿਚ ਇਹ ਨਾਮ ਕ੍ਰਿਸ਼ਨ ਜੀ ਦਾ ਹੈ । ਜੇ ਰਵਿਦਾਸ ਜੀ ਸ੍ਰੀ ਰਾਮ ਚੰਦ ਜੀ ਦੇ ਉਪਾਸ਼ਕ ਹੁੰਦੇ, ਤਾਂ ਇਹ ਲਫ਼ਜ਼ ਉਹ ਨਾਹ ਵਰਤਦੇ) । ਕਿਆ ਕਹੀਐ—ਕੀਹ ਆਖੀਏ? ਕਿਹਾ ਨਹੀਂ ਜਾ ਸਕਦਾ । ਭ੍ਰਮੁ—ਭੁਲੇਖਾ । ਮਾਨੀਐ—ਮੰਨਿਆ ਜਾ ਰਿਹਾ ਹੈ, ਖ਼ਿਆਲ ਬਣਾਇਆ ਹੋਇਆ ਹੈ ।੧।ਰਹਾਉ।

ਨਰਪਿਤ—ਰਾਜਾ । ਸਿੰਘਾਸਨਿ—ਤਖ਼ਤ ਉੱਤੇ । ਭਿਖਾਰੀ—ਮੰਗਤਾ । ਅਛਤ—ਹੁੰਦਿਆਂ ਸੁੰਦਿਆਂ । ਗਤਿ—ਹਾਲਤ ।੨।

ਰਾਜ—ਰੱਜੁ, ਰੱਸੀ । ਭੁਇਅੰਗ—ਸੱਪ । ਪ੍ਰਸੰਗ—ਵਾਰਤਾ, ਗੱਲ । ਮਰਮੁ—ਭੇਤ, ਰਾਜ਼ । ਕਟਕ—ਕੜੇ । ਕਹਤੇ—ਆਖਦਿਆਂ ।੩।

ਸਰਬੇ—ਸਾਰਿਆਂ ਵਿਚ । ਅਨੇਕੈ—ਅਨੇਕ-ਰੂਪ ਹੋ ਕੇ । ਭੋੁਗਵੈ—{ਨੋਟ:- ਅੱਖਰ 'ਭ' ਦੇ ਨਾਲ ਦੋ ਲਗਾਂ ਹਨ (ੋ) ਤੇ (ੁ) । ਅਸਲ ਲਫ਼ਜ਼ ਹੈ 'ਭੋਗਵੈ' ਪਰ ਇਥੇ ਪੜ੍ਹਨਾ ਹੈ 'ਭੁਗਵੈ'} ਭੋਗ ਰਿਹਾ ਹੈ, ਮੌਜੂਦ ਹੈ । ਪੈ—ਤੋਂ । ਸਹਜੇ—ਸੁਤੇ ਹੀ, ਉਸ ਦੀ ਰਜ਼ਾ ਵਿਚ ।੪।

ਅਰਥ:- (ਹੇ ਮਾਧੋ!) ਜਿਤਨਾ ਚਿਰ ਅਸਾਂ ਜੀਵਾਂ ਦੇ ਅੰਦਰ ਹਉਮੈ ਰਹਿੰਦੀ ਹੈ, ਉਤਨਾ ਚਿਰ ਤੂੰ (ਅਸਾਡੇ ਅੰਦਰ) ਪਰਗਟ ਨਹੀਂ ਹੁੰਦਾ, ਪਰ ਜਦੋਂ ਤੂੰ ਪ੍ਰਤੱਖ ਹੁੰਦਾ ਹੈਂ ਤਦੋਂ ਅਸਾਡੀ 'ਮੈਂ' ਦੂਰ ਹੋ ਜਾਂਦੀ ਹੈ; (ਇਸ 'ਮੈਂ' ਦੇ ਹਟਣ ਨਾਲ ਇਹ ਸਮਝ ਆ ਜਾਂਦੀ ਹੈ ਕਿ) ਜਿਵੇਂ ਬੜਾ ਤੂਫ਼ਾਨ ਆਇਆਂ ਸਮੁੰਦਰ ਲਹਿਰਾਂ ਨਾਲ ਨਕਾ-ਨਕ ਭਰ ਜਾਂਦਾ ਹੈ, ਪਰ ਅਸਲ ਵਿਚ ਉਹ (ਲਹਿਰਾਂ ਸਮੁੰਦਰ ਦੇ) ਪਾਣੀ ਵਿਚ ਪਾਣੀ ਹੀ ਹੈ (ਤਿਵੇਂ ਇਹ ਸਾਰੇ ਜੀਆ ਜੰਤ ਤੇਰਾ ਆਪਣਾ ਹੀ ਵਿਕਾਸ ਹੈ) ।੧।

ਹੇ ਮਾਧੋ! ਅਸਾਂ ਜੀਵਾਂ ਨੂੰ ਕੁਝ ਅਜਿਹਾ ਭੁਲੇਖਾ ਪਿਆ ਹੋਇਆ ਹੈ ਕਿ ਇਹ ਬਿਆਨ ਨਹੀਂ ਕੀਤਾ ਜਾ ਸਕਦਾ । ਅਸੀ ਜੋ ਮੰਨੀ ਬੈਠੇ ਹਾਂ (ਕਿ ਜਗਤ ਤੇਰੇ ਨਾਲੋਂ ਕੋਈ ਵੱਖਰੀ ਹਸਤੀ ਹੈ), ਉਹ ਠੀਕ ਨਹੀਂ ਹੈ ।੧।ਰਹਾਉ।

(ਜਿਵੇਂ) ਕੋਈ ਰਾਜਾ ਆਪਣੇ ਤਖ਼ਤ ਉਤੇ ਸੌਂ ਜਾਏ, ਤੇ, ਸੁਫ਼ਨੇ ਵਿਚ ਮੰਗਤਾ ਬਣ ਜਾਏ, ਰਾਜ ਹੁੰਦਿਆਂ ਸੁੰਦਿਆਂ ਉਹ (ਸੁਪਨੇ ਵਿਚ ਰਾਜ ਤੋਂ) ਵਿਛੜ ਕੇ ਦੁੱਖੀ ਹੁੰਦਾ ਹੈ, ਤਿਵੇਂ ਹੀ (ਹੇ ਮਾਧੋ! ਤੈਥੋਂ ਵਿਛੁੜ ਕੇ)

ਅਸਾਡਾ ਜੀਵਾਂ ਦਾ ਹਾਲ ਹੋ ਰਿਹਾ ਹੈ ।੨।

ਜਿਵੇਂ ਰੱਸੀ ਤੇ ਸੱਪ ਦਾ ਦ੍ਰਿਸ਼ਟਾਂਤ ਹੈ, ਜਿਵੇਂ (ਸੋਨੇ ਤੋਂ ਬਣੇ ਹੋਏ) ਅਨੇਕਾਂ ਕੜੇ ਵੇਖ ਕੇ ਭੁਲੇਖਾ ਪੈ ਜਾਏ (ਕਿ ਸੋਨਾ ਹੀ ਕਈ ਕਿਸਮ ਦਾ ਹੁੰਦਾ ਹੈ, ਤਿਵੇਂ ਅਸਾਨੂੰ ਭੁਲੇਖਾ ਬਣਿਆ ਪਿਆ ਹੈ ਕਿ ਇਹ ਜਗਤ ਤੈਥੋਂ ਵੱਖਰਾ ਹੈ), ਪਰ ਤੂੰ ਮੈਨੂੰ ਹੁਣ ਕੁਝ ਕੁਝ ਭੇਤ ਜਣਾ ਦਿੱਤਾ ਹੈ । ਹੁਣ ਉਹ ਪੁਰਾਣੀ ਵਿਤਕਰੇ ਵਾਲੀ ਗੱਲ ਮੈਥੋਂ ਆਖੀ ਨਹੀਂ ਜਾਂਦੀ (ਭਾਵ, ਹੁਣ ਮੈਂ ਇਹ ਨਹੀਂ ਆਖਦਾ ਕਿ ਜਗਤ ਤੈਥੋਂ ਵੱਖਰੀ ਹਸਤੀ ਹੈ) ।੩।

(ਹੁਣ ਤਾਂ) ਰਵਿਦਾਸ ਆਖਦਾ ਹੈ ਕਿ ਉਹ ਪ੍ਰਭੂ-ਖਸਮ ਅਨੇਕਾਂ ਰੂਪ ਬਣਾ ਕੇ ਸਾਰਿਆਂ ਵਿਚ ਇੱਕ ਆਪ ਹੀ ਹੈ, ਸਭ ਘਟਾਂ ਵਿਚ ਆਪ ਹੀ ਬੈਠਾ ਜਗਤ ਦੇ ਰੰਗ ਮਾਣ ਰਿਹਾ ਹੈ । (ਦੂਰ ਨਹੀਂ) ਮੇਰੇ ਹੱਥ ਤੋਂ ਭੀ ਨੇੜੇ ਹੈ, ਜੋ ਕੁਝ (ਜਗਤ ਵਿਚ) ਵਰਤ ਰਿਹਾ ਹੈ, ਉਸੇ ਦੀ ਰਜ਼ਾ ਵਿਚ ਹੋ ਰਿਹਾ ਹੈ ।੪।੧।

ਸ਼ਬਦ ਦਾ ਭਾਵ:- ਪਰਮਾਤਮਾ ਸਰਬ-ਵਿਆਪਕ ਹੈ । ਪਰ ਜੀਵ ਆਪਣੀ 'ਹਉਂ' ਦੇ ਘੇਰੇ ਵਿਚ ਰਹਿ ਕੇ ਜਗਤ ਨੂੰ ਉਸ ਤੋਂ ਵੱਖਰੀ ਹਸਤੀ ਸਮਝਦਾ ਹੈ । ਜਿਤਨਾ ਚਿਰ 'ਹਉਂ' ਹੈ, ਉਤਨਾ ਚਿਰ ਵਿਤਕਰੇ ਹਨ ।

ਜਉ ਹਮ ਬਾਂਧੇ ਮੋਹ ਫਾਸ ਹਮ ਪ੍ਰੇਮ ਬਧਨਿ ਤੁਮ ਬਾਧੇ ॥ ਅਪਨੇ ਛੂਟਨ ਕੋ ਜਤਨੁ ਕਰਹੁ ਹਮ ਛੂਟੇ ਤੁਮ ਆਰਾਧੇ ॥੧॥ ਮਾਧਵੇ ਜਾਨਤ ਹਹੁ ਜੈਸੀ ਤੈਸੀ ॥ ਅਬ ਕਹਾ ਕਰਹੁਗੇ ਐਸੀ ॥੧॥ ਰਹਾਉ ॥ ਮੀਨੁ ਪਕਰਿ ਫਾਂਕਿਓ ਅਰੁ ਕਾਟਿਓ ਰਾਂਧਿ ਕੀਓ ਬਹੁ ਬਾਨੀ ॥ ਖੰਡ ਖੰਡ ਕਰਿ ਭੋਜਨੁ ਕੀਨੋ ਤਊ ਨ ਬਿਸਰਿਓ ਪਾਨੀ ॥੨॥ ਆਪਨ ਬਾਪੈ ਨਾਹੀ ਕਿਸੀ ਕੋ ਭਾਵਨ ਕੋ ਹਰਿ ਰਾਜਾ ॥ ਮੋਹ ਪਟਲ ਸਭੁ ਜਗਤੁ ਬਿਆਪਿਓ ਭਗਤ ਨਹੀ ਸੰਤਾਪਾ ॥੩॥ ਕਹਿ ਰਵਿਦਾਸ ਭਗਤਿ ਇਕ ਬਾਢੀ ਅਬ ਇਹ ਕਾ ਸਿਉ ਕਹੀਐ ॥ ਜਾ ਕਾਰਨਿ ਹਮ ਤੁਮ ਆਰਾਧੇ ਸੋ ਦੁਖੁ ਅਜਹੂ ਸਹੀਐ ॥੪॥੨॥ {ਪੰਨਾ 658}

ਪਦਅਰਥ:- ਬਾਂਧੇ—ਬੱਝੇ ਹੋਏ ਹਾਂ । ਫਾਸ—ਫਾਹੀ । ਬਧਨਿ—ਰੱਸੀ ਨਾਲ । ਤੁਮ—ਤੈਨੂੰ । ਕੋ—ਦਾ ।੧।

ਜਾਨਤ ਹਹੁ—ਤੁਸੀ ਜਾਣਦੇ ਹੋ । ਜੈਸੀ—ਜਿਹੋ ਜਿਹੀ (ਭਗਤਾਂ ਦੀ ਪ੍ਰੀਤ ਹੈ ਤੇਰੇ ਨਾਲ) । ਐਸੀ—ਅਜਿਹੀ ਪ੍ਰੀਤ ਦੇ ਹੁੰਦਿਆਂ । ਕਹਾ ਕਰਹੁਗੇ—ਕੀਹ ਕਰੇਂਗਾ? ਇਸ ਤੋਂ ਬਿਨਾ ਹੋਰ ਕੀਹ ਕਰੇਂਗਾ? (ਭਾਵ, ਤੂੰ ਜ਼ਰੂਰ ਆਪਣੇ ਭਗਤਾਂ ਨੂੰ ਮੋਹ ਤੋਂ ਬਚਾਈ ਰੱਖੇਂਗਾ) ।੧।ਰਹਾਉ।

ਮੀਨੁ—ਮੱਛੀ । ਪਕਰਿ—ਫੜ ਕੇ । ਫਾਂਕਿਓ—ਫਾੜੀ ਫਾੜੀ ਕਰ ਦਿੱਤੀ । ਰਾਂਧਿ ਕੀਓ—ਰਿੰਨ੍ਹ ਲਈ । ਬਹੁ ਬਾਨੀ—ਕਈ ਤਰੀਕਿਆਂ ਨਾਲ । ਖੰਡ—ਟੋਟਾ । ਤਊ—ਤਾਂ ਭੀ ।੨।

ਬਾਪੈ—ਪਿਉ ਦੀ (ਮਲਕੀਅਤ) । ਭਾਵਨ ਕੋ—ਪ੍ਰੇਮ ਦਾ (ਬੱਧਾ ਹੋਇਆ) । ਰਾਜਾ—ਜਗਤ ਦਾ ਮਾਲਕ (ਨੋਟ:- ਭਗਤ ਰਵਿਦਾਸ ਜੀ ਆਪਣੀ ਬਾਣੀ ਵਿਚ ਪਰਮਾਤਮਾ ਦੇ ਨਾਵਾਂ ਦੇ ਨਾਲ ਲਫ਼ਜ਼ 'ਰਾਜਾ' ਭੀ ਬਹੁਤ ਵਾਰੀ ਵਰਤਦੇ ਹਨ; ਹਰੇਕ ਕਵੀ ਦਾ ਆਪੋ ਆਪਣਾ ਸੁਭਾਵ ਹੁੰਦਾ ਹੈ ਕਿ ਕੋਈ ਖ਼ਾਸ ਲਫ਼ਜ਼ ਮੁੜ ਮੁੜ ਵਰਤਣਾ ਉਹਨਾਂ ਨੂੰ ਪਿਆਰਾ ਲੱਗਦਾ ਹੈ) । ਪਟਲ—ਪਰਦਾ । ਬਿਆਪਿਓ—ਛਾਇਆ ਹੋਇਆ ਹੈ । ਸੰਤਾਪ—(ਮੋਹ ਦਾ) ਕਲੇਸ਼ ।੩।

ਭਗਤਿ ਇਕ—ਇੱਕ ਪ੍ਰਭੂ ਦੀ ਭਗਤੀ । ਬਾਢੀ—ਵਧਾਈ ਹੈ, ਦ੍ਰਿੜ੍ਹ ਕੀਤੀ ਹੈ । ਅਬ...ਕਹੀਐ—ਹੁਣ ਕਿਸੇ ਨਾਲ ਇਹ ਗੱਲ ਕਰਨ ਦੀ ਲੋੜ ਹੀ ਨਹੀਂ ਰਹੀ । ਜਾ ਕਾਰਨਿ—ਜਿਸ (ਮੋਹ ਤੋਂ ਬਚਣ) ਦੀ ਖ਼ਾਤਰ । ਅਜਹੂ—ਹੁਣ ਤੱਕ ।੪।

ਅਰਥ:- ਹੇ ਮਾਧੋ! ਤੇਰੇ ਭਗਤ ਜਿਹੋ ਜਿਹਾ ਪਿਆਰ ਤੇਰੇ ਨਾਲ ਕਰਦੇ ਹਨ ਉਹ ਤੈਥੋਂ ਲੁਕਿਆ ਨਹੀਂ ਰਹਿ ਸਕਦਾ (ਤੂੰ ਉਹ ਚੰਗੀ ਤਰ੍ਹਾਂ ਜਾਣਦਾ ਹੈਂ), ਅਜਿਹੀ ਪ੍ਰੀਤਿ ਦੇ ਹੁੰਦਿਆਂ ਤੂੰ ਜ਼ਰੂਰ ਉਹਨਾਂ ਨੂੰ ਮੋਹ ਤੋਂ ਬਚਾਈ ਰੱਖਦਾ ਹੈਂ ।੧।ਰਹਾਉ।

(ਸੋ, ਹੇ ਮਾਧੋ!) ਜੇ ਅਸੀ ਮੋਹ ਦੀ ਫਾਹੀ ਵਿਚ ਬੱਝੇ ਹੋਏ ਸਾਂ, ਤਾਂ ਅਸਾਂ ਤੈਨੂੰ ਆਪਣੇ ਪਿਆਰ ਦੀ ਰੱਸੀ ਨਾਲ ਬੰਨ੍ਹ ਲਿਆ ਹੈ । ਅਸੀ ਤਾਂ (ਉਸ ਮੋਹ ਦੀ ਫਾਹੀ ਵਿਚੋਂ) ਤੈਨੂੰ ਸਿਮਰ ਕੇ ਨਿਕਲ ਆਏ ਹਾਂ, ਤੂੰ ਅਸਾਡੇ ਪਿਆਰ ਦੇ ਜਕੜ ਵਿਚੋਂ ਕਿਵੇਂ ਨਿਕਲੇਂਗਾ? ।

(ਅਸਾਡਾ ਤੇਰੇ ਨਾਲ ਪਿਆਰ ਭੀ ਉਹ ਹੈ ਜੋ ਮੱਛੀ ਨੂੰ ਪਾਣੀ ਨਾਲ ਹੁੰਦਾ ਹੈ, ਅਸਾਂ ਮਰ ਕੇ ਭੀ ਤੇਰੀ ਯਾਦ ਨਹੀਂ ਛੱਡਣੀ) ਮੱਛੀ (ਪਾਣੀ ਵਿਚੋਂ) ਫੜ ਕੇ ਫਾਂਕਾਂ ਕਰ ਦੇਈਏ, ਟੋਟੇ ਕਰ ਦੇਈਏ ਤੇ ਕਈ ਤਰ੍ਹਾਂ ਰਿੰਨ੍ਹ ਲਈਏ, ਫਿਰ ਰਤਾ ਰਤਾ ਕਰ ਕੇ ਖਾ ਲਈਏ, ਫਿਰ ਭੀ ਉਸ ਮੱਛੀ ਨੂੰ ਪਾਣੀ ਨਹੀਂ ਭੁੱਲਦਾ (ਜਿਸ ਖਾਣ ਵਾਲੇ ਦੇ ਪੇਟ ਵਿਚ ਜਾਂਦੀ ਹੈ ਉਸ ਨੂੰ ਭੀ ਪਾਣੀ ਦੀ ਪਿਆਸ ਲਗਾ ਦੇਂਦੀ ਹੈ) ।੨।

ਜਗਤ ਦਾ ਮਾਲਕ ਹਰੀ ਕਿਸੇ ਦੇ ਪਿਉ ਦੀ (ਜੱਦੀ ਮਲਕੀਅਤ) ਨਹੀਂ ਹੈ, ਉਹ ਤਾਂ ਪ੍ਰੇਮ ਦਾ ਬੱਝਾ ਹੋਇਆ ਹੈ । (ਇਸ ਪ੍ਰੇਮ ਤੋਂ ਵਾਂਜਿਆ ਹੋਇਆ ਸਾਰਾ ਜਗਤ) ਮੋਹ ਦੇ ਪਰਦੇ ਵਿਚ ਫਸਿਆ ਪਿਆ ਹੈ, ਪਰ (ਪ੍ਰਭੂ ਨਾਲ ਪ੍ਰੇਮ ਕਰਨ ਵਾਲੇ) ਭਗਤਾਂ ਨੂੰ (ਇਸ ਮੋਹ ਦਾ) ਕੋਈ ਕਲੇਸ਼ ਨਹੀਂ ਹੁੰਦਾ ।੩।

ਰਵਿਦਾਸ ਆਖਦਾ ਹੈ—(ਹੇ ਮਾਧੋ!) ਮੈਂ ਇਕ ਤੇਰੀ ਭਗਤੀ (ਆਪਣੇ ਹਿਰਦੇ ਵਿਚ) ਇਤਨੀ ਦ੍ਰਿੜ੍ਹ ਕੀਤੀ ਹੈ ਕਿ ਮੈਨੂੰ ਹੁਣ ਕਿਸੇ ਨਾਲ ਇਹ ਗਿਲਾ ਕਰਨ ਦੀ ਲੋੜ ਹੀ ਨਹੀਂ ਰਹਿ ਗਈ ਜੁ ਜਿਸ ਮੋਹ ਤੋਂ ਬਚਣ ਲਈ ਮੈਂ ਤੇਰਾ ਸਿਮਰਨ ਕਰ ਰਿਹਾ ਸਾਂ, ਉਸ ਮੋਹ ਦਾ ਦੁੱਖ ਮੈਨੂੰ ਹੁਣ ਤਕ ਸਹਾਰਨਾ ਪੈ ਰਿਹਾ ਹੈ (ਭਾਵ, ਉਸ ਮੋਹ ਦਾ ਤਾਂ ਹੁਣ ਮੇਰੇ ਅੰਦਰ ਨਾਮ ਨਿਸ਼ਾਨ ਹੀ ਨਹੀਂ ਰਹਿ ਗਿਆ) ।੪।੨।

ਸ਼ਬਦ ਦਾ ਭਾਵ:- ਮਾਇਆ ਦੇ ਮੋਹ ਦੀ ਫਾਹੀ ਨੂੰ ਤੋੜਨ ਦਾ ਇਕੋ ਇਕ ਤਰੀਕਾ ਹੈ—ਪ੍ਰਭੂ-ਚਰਨਾਂ ਵਿਚ ਪਿਆਰ ।

ਦੁਲਭ ਜਨਮੁ ਪੁੰਨ ਫਲ ਪਾਇਓ ਬਿਰਥਾ ਜਾਤ ਅਬਿਬੇਕੈ ॥ ਰਾਜੇ ਇੰਦ੍ਰ ਸਮਸਰਿ ਗ੍ਰਿਹ ਆਸਨ ਬਿਨੁ ਹਰਿ ਭਗਤਿ ਕਹਹੁ ਕਿਹ ਲੇਖੈ ॥੧॥ ਨ ਬੀਚਾਰਿਓ ਰਾਜਾ ਰਾਮ ਕੋ ਰਸੁ ॥ ਜਿਹ ਰਸ ਅਨ ਰਸ ਬੀਸਰਿ ਜਾਹੀ ॥੧॥ ਰਹਾਉ ॥ ਜਾਨਿ ਅਜਾਨ ਭਏ ਹਮ ਬਾਵਰ ਸੋਚ ਅਸੋਚ ਦਿਵਸ ਜਾਹੀ ॥ ਇੰਦ੍ਰੀ ਸਬਲ ਨਿਬਲ ਬਿਬੇਕ ਬੁਧਿ ਪਰਮਾਰਥ ਪਰਵੇਸ ਨਹੀ ॥੨॥ ਕਹੀਅਤ ਆਨ ਅਚਰੀਅਤ ਅਨ ਕਛੁ ਸਮਝ ਨ ਪਰੈ ਅਪਰ ਮਾਇਆ ॥ ਕਹਿ ਰਵਿਦਾਸ ਉਦਾਸ ਦਾਸ ਮਤਿ ਪਰਹਰਿ ਕੋਪੁ ਕਰਹੁ ਜੀਅ ਦਇਆ ॥੩॥੩॥ {ਪੰਨਾ 658}

ਪਦਅਰਥ:- ਦੁਲਭ—ਦੁਰ-ਲੱਭ, ਜਿਸ ਦਾ ਮਿਲਣਾ ਬਹੁਤ ਹੀ ਔਖਾ ਹੈ । ਪੁੰਨ—ਭਲੇ ਕੰਮ । ਜਾਤ—ਜਾ ਰਿਹਾ ਹੈ । ਅਬਿਬੇਕੈ—ਵਿਚਾਰ-ਹੀਣਤਾ ਦੇ ਕਾਰਨ, ਅੰਞਾਣ-ਪੁਣੇ ਵਿਚ । ਸਮਸਰਿ—ਵਰਗੇ, ਦੇ ਬਰਾਬਰ । ਕਿਹ ਲੇਖੈ—ਕਿਸ ਕੰਮ ਆਏ? ਕਿਸੇ ਅਰਥ ਨਹੀਂ ।੧।

ਰਾਜਾ—ਜਗਤ ਦਾ ਮਾਲਕ । ਰਸੁ—(ਮਿਲਾਪ ਦਾ) ਆਨੰਦ । ਜਿਹ ਰਸ—ਜਿਸ ਰਸ ਦੀ ਬਰਕਤ ਨਾਲ । ਅਨ ਰਸ—ਹੋਰ ਚਸਕੇ ।੧।ਰਹਾਉ।

ਜਾਨਿ—ਜਾਣ ਬੁੱਝ ਕੇ, ਜਾਣਦੇ ਬੁੱਝਦੇ ਹੋਏ । ਅਜਾਨ—ਅੰਞਾਣ । ਬਾਵਰ—ਪਾਗਲ । ਸੋਚ ਅਸੋਚ—ਚੰਗੀਆਂ ਮੰਦੀਆਂ ਸੋਚਾਂ । ਦਿਵਸ—ਉਮਰ ਦੇ ਦਿਨ । ਜਾਹੀ—ਗੁਜ਼ਰ ਰਹੇ ਹਨ । ਇੰਦ੍ਰੀ—ਕਾਮ-ਵਾਸ਼ਨਾ । ਸਬਲ—ਸ+ਬਲ, ਬਲਵਾਨ । ਨਿਬਲ—ਨਿਰਬਲ, ਕਮਜ਼ੋਰ । ਬਿਬੇਕ ਬੁਧਿ—ਪਰਖਣ ਦੀ ਅਕਲ । ਪਰਮਾਰਥ—ਪਰਮ+ਅਰਥ, ਸਭ ਤੋਂ ਵੱਡੀ ਲੋੜ । ਪਰਵੇਸ—ਦਖ਼ਲ ।੨।

ਆਨ—ਕੁੱਝ ਹੋਰ । ਅਚਰੀਅਤ—ਕਮਾਈਦਾ ਹੈ । ਅਨ ਕਛੁ—ਕੁਝ ਹੋਰ । ਅਪਰ—ਅਪਾਰ, ਬਲੀ । ਉਦਾਸ—ਉਪਰਾਮ, ਆਸਾਂ ਤੋਂ ਬਚਿਆ ਹੋਇਆ । ਪਰਹਰਿ—ਛੱਡ ਕੇ, ਦੂਰ ਕਰ ਕੇ । ਕੋਪੁ—ਗੁੱਸਾ । ਜੀਅ—ਜਿੰਦ ਉਤੇ ।੩।

ਅਰਥ:- (ਅਸਾਂ ਮਾਇਆ-ਧਾਰੀ ਜੀਵਾਂ ਨੇ) ਜਗਤ-ਪ੍ਰਭੂ ਪਰਮਾਤਮਾ ਦੇ ਨਾਮ ਦੇ ਉਸ ਆਨੰਦ ਨੂੰ ਨਹੀਂ ਕਦੇ ਵਿਚਾਰਿਆ, ਜਿਸ ਆਨੰਦ ਦੀ ਬਰਕਤਿ ਨਾਲ (ਮਾਇਆ ਦੇ) ਹੋਰ ਸਾਰੇ ਚਸਕੇ ਦੂਰ ਹੋ ਜਾਂਦੇ ਹਨ ।੧।ਰਹਾਉ।

ਇਹ ਮਨੁੱਖਾ ਜਨਮ ਬੜੀ ਮੁਸ਼ਕਿਲ ਨਾਲ ਮਿਲਦਾ ਹੈ, (ਪਿਛਲੇ ਕੀਤੇ) ਭਲੇ ਕੰਮਾਂ ਦੇ ਫਲ ਵਜੋਂ ਅਸਾਨੂੰ ਮਿਲ ਗਿਆ, ਪਰ ਅਸਾਡੇ ਅੰਞਾਣਪੁਣੇ ਵਿਚ ਇਹ ਵਿਅਰਥ ਹੀ ਜਾ ਰਿਹਾ ਹੈ; (ਅਸਾਂ ਕਦੇ ਸੋਚਿਆ ਹੀ ਨਹੀਂ ਕਿ) ਜੇ ਪ੍ਰਭੂ ਦੀ ਬੰਦਗੀ ਤੋਂ ਵਾਂਜੇ ਰਹੇ ਤਾਂ (ਦੇਵਤਿਆਂ ਦੇ) ਰਾਜੇ ਇੰਦਰ ਦੇ ਸੁਰਗ ਵਰਗੇ ਭੀ ਮਹਿਲ ਮਾੜੀਆਂ ਕਿਸੇ ਕੰਮ ਨਹੀਂ ਹਨ ।੧।

(ਹੇ ਪ੍ਰਭੂ!) ਜਾਣਦੇ ਬੁੱਝਦੇ ਹੋਏ ਭੀ ਅਸੀ ਕਮਲੇ ਤੇ ਮੂਰਖ ਬਣੇ ਹੋਏ ਹਾਂ, ਅਸਾਡੀ ਉਮਰ ਦੇ ਦਿਹਾੜੇ (ਮਾਇਆ ਦੀਆਂ ਹੀ) ਚੰਗੀਆਂ ਮੰਦੀਆਂ ਵਿਚਾਰਾਂ ਵਿਚ ਗੁਜ਼ਰ ਰਹੇ ਹਨ, ਅਸਾਡੀ ਕਾਮ-ਵਾਸ਼ਨਾ ਵਧ ਰਹੀ ਹੈ, ਵਿਚਾਰ-ਸ਼ਕਤੀ ਘਟ ਰਹੀ ਹੈ, ਇਸ ਗੱਲ ਦੀ ਅਸਾਨੂੰ ਕਦੇ ਸੋਚ ਹੀ ਨਹੀਂ ਫੁਰੀ ਕਿ ਅਸਾਡੀ ਸਭ ਤੋਂ ਵੱਡੀ ਲੋੜ ਕੀਹ ਹੈ ।੨।

ਅਸੀ ਆਖਦੇ ਹੋਰ ਹਾਂ ਤੇ ਕਰਦੇ ਕੁਝ ਹੋਰ ਹਾਂ, ਮਾਇਆ ਇਤਨੀ ਬਲਵਾਨ ਹੋ ਰਹੀ ਹੈ ਕਿ ਅਸਾਨੂੰ (ਆਪਣੀ ਮੂਰਖਤਾ ਦੀ) ਸਮਝ ਹੀ ਨਹੀਂ ਪੈਂਦੀ । (ਹੇ ਪ੍ਰਭੂ!) ਤੇਰਾ ਦਾਸ ਰਵਿਦਾਸ ਆਖਦਾ ਹੈ—ਮੈਂ ਹੁਣ ਇਸ (ਮੂਰਖ-ਪੁਣੇ) ਤੋਂ ਉਪਰਾਮ ਹੋ ਗਿਆ ਹਾਂ, (ਮੇਰੇ ਅੰਞਾਣਪੁਣੇ ਤੇ) ਗੁੱਸਾ ਨਾਹ ਕਰਨਾ ਤੇ ਮੇਰੀ ਆਤਮਾ ਉਤੇ ਮਿਹਰ ਕਰਨੀ ।੩।੩।

ਭਾਵ:- ਮਾਇਆ ਦਾ ਮੋਹ ਮਨੁੱਖ ਨੂੰ ਅਸਲ ਨਿਸ਼ਾਨੇ ਤੋਂ ਡੇਗ ਦੇਂਦਾ ਹੈ ।

ਸੁਖ ਸਾਗਰੁ ਸੁਰਤਰ ਚਿੰਤਾਮਨਿ ਕਾਮਧੇਨੁ ਬਸਿ ਜਾ ਕੇ ॥ ਚਾਰਿ ਪਦਾਰਥ ਅਸਟ ਦਸਾ ਸਿਧਿ ਨਵ ਨਿਧਿ ਕਰ ਤਲ ਤਾ ਕੇ ॥੧॥ ਹਰਿ ਹਰਿ ਹਰਿ ਨ ਜਪਹਿ ਰਸਨਾ ॥ ਅਵਰ ਸਭ ਤਿਆਗਿ ਬਚਨ ਰਚਨਾ ॥੧॥ ਰਹਾਉ ॥ ਨਾਨਾ ਖਿਆਨ ਪੁਰਾਨ ਬੇਦ ਬਿਧਿ ਚਉਤੀਸ ਅਖਰ ਮਾਂਹੀ ॥ ਬਿਆਸ ਬਿਚਾਰਿ ਕਹਿਓ ਪਰਮਾਰਥੁ ਰਾਮ ਨਾਮ ਸਰਿ ਨਾਹੀ ॥੨॥ ਸਹਜ ਸਮਾਧਿ ਉਪਾਧਿ ਰਹਤ ਫੁਨਿ ਬਡੈ ਭਾਗਿ ਲਿਵ ਲਾਗੀ ॥ ਕਹਿ ਰਵਿਦਾਸ ਪ੍ਰਗਾਸੁ ਰਿਦੈ ਧਰਿ ਜਨਮ ਮਰਨ ਭੈ ਭਾਗੀ ॥੩॥੪॥ {ਪੰਨਾ 658}

ਪਦਅਰਥ:- ਸੁਰਤਰ—ਸੁਰਗ ਦੇ ਰੁੱਖ, ਇਹ ਗਿਣਤੀ ਵਿਚ ਪੰਜ ਹਨ—ਮੰਦਾਰ, ਪਾਰਿਜਾਤਿ, ਸੰਤਾਨ, ਕਲਪ ਰੁੱਖ, ਹਰਿਚੰਦਨ ।

(pdcq dyvqrvo mdwr: pwirjwqk: [
sdqwn: kÑpvi˜Ôc pis vw hircdnm [)

ਚਿੰਤਾਮਨਿ—ਉਹ ਮਣੀ ਜਿਸ ਪਾਸੋਂ ਮਨ ਦੀ ਹਰੇਕ ਚਿਤਵਨੀ ਪੂਰੀ ਹੋ ਜਾਂਦੀ ਮੰਨੀ ਜਾਂਦੀ ਹੈ । ਕਾਮਧੇਨੁ—{ਕਾਮ—ਵਾਸ਼ਨਾ । ਧੇਨੁ—ਗਾਂ} ਹਰੇਕ ਵਾਸ਼ਨਾ ਪੂਰੀ ਕਰਨ ਵਾਲੀ ਗਾਂ (ਸੁਰਗ ਵਿਚ ਰਹਿੰਦੀ ਮੰਨੀ ਜਾਂਦੀ ਹੈ) । ਬਸਿ—ਵੱਸ ਵਿਚ । ਜਾ ਕੇ—ਜਿਸ ਪਰਮਾਤਮਾ ਦੇ । ਚਾਰਿ ਪਦਾਰਥ—ਧਰਮ, ਅਰਥ, ਕਾਮ, ਮੋਖ । ਅਸਟ ਦਸਾ—{੮+੧੦} ਅਠਾਰਾਂ । ਨਵ ਨਿਧਿ—ਕੁਬੇਰ ਦੇਵਤੇ ਦੇ ਨੌ ਖ਼ਜ਼ਾਨੇ । ਕਰ ਤਲ—ਹੱਥਾਂ ਦੀਆਂ ਤਲੀਆਂ ਉੱਤੇ ।੧।

ਰਸਨਾ—ਜੀਭ ਨਾਲ । ਬਚਨ ਰਚਨਾ—ਫੋਕੀਆਂ ਗੱਲਾਂ । ਤਿਆਗਿ—ਤਿਆਗ ਕੇ ।੧।ਰਹਾਉ।

ਨਾਨਾ—ਕਈ ਕਿਸਮ ਦੇ । ਖਿਆਨ—ਪ੍ਰਸੰਗ {Skt. AwrÊXwn} । ਬੇਦ ਬਿਧਿ—ਵੇਦਾਂ ਵਿਚ ਦੱਸੀਆਂ ਧਾਰਮਿਕ ਵਿਧੀਆਂ । ਚਉਤੀਸ ਅਖਰ—{A e a s=੪, ਪੰਜ ਵਰਗ, ਕ-ਵਰਗ ਆਦਿਕ=੨੫, X r v l h=੫, ਕੁੱਲ ਜੋੜ =੩੪ । ਨੋਟ:- ਅਸਲ 'ਹ੍ਰਸ੍ਵ' ਸਿਰਫ਼ ੩ ਹਨ, 'ਉ, ਅ, ੲ', ਬਾਕੀ ਦੇ ਇਹਨਾਂ ਤੋਂ ਹੀ ਬਣੇ ਹਨ ਲਗਾਂ ਮਾਤ੍ਰਾਂ ਲਾ ਕੇ} । ਚਉਤੀਸ ਅਖਰ ਮਾਂਹੀ—੩੪ ਅੱਖਰਾਂ ਵਿਚ ਹੀ, ਨਿਰੀ ਵਾਕ ਰਚਨਾ, ਨਿਰੀਆਂ ਗੱਲਾਂ ਜੋ ਆਤਮਕ ਜੀਵਨ ਤੋਂ ਹੇਠਾਂ ਹਨ । ਪਰਮਾਰਥੁ—ਪਰਮ+ਅਰਥ, ਸਭ ਤੋਂ ਉੱਚੀ ਗੱਲ । ਸਰਿ—ਬਰਾਬਰ ।੨।

ਸਹਜ ਸਮਾਧਿ—ਮਨ ਦਾ ਪੂਰਨ ਟਿਕਾਉ । ਸਹਜ—ਆਤਮਕ ਅਡੋਲਤਾ । ਉਪਾਧਿ—ਕਲੇਸ਼ । ਫੁਨਿ—ਫਿਰ, ਮੁੜ । ਬਡੈ ਭਾਗਿ—ਵੱਡੀ ਕਿਸਮਤ ਨਾਲ । ਕਹਿ—ਕਹੇ, ਆਖਦਾ ਹੈ । ਰਿਦੈ—ਹਿਰਦੇ ਵਿਚ । ਭਾਗੀ—ਦੂਰ ਹੋ ਜਾਂਦੇ ਹਨ ।੩।

ਅਰਥ:- (ਹੇ ਪੰਡਿਤ!) ਜੋ ਪ੍ਰਭੂ ਸੁਖਾਂ ਦਾ ਸਮੁੰਦਰ ਹੈ, ਜਿਸ ਪ੍ਰਭੂ ਦੇ ਵੱਸ ਵਿਚ ਸੁਰਗ ਦੇ ਪੰਜੇ ਰੁੱਖ, ਚਿੰਤਾਮਣਿ ਤੇ ਕਾਮਧੇਨ ਹਨ, ਧਰਮ ਅਰਥ ਕਾਮ ਮੋਖ ਚਾਰੇ ਪਦਾਰਥ, ਅਠਾਰਾਂ ਸਿੱਧੀਆਂ ਤੇ ਨੌ ਨਿਧੀਆਂ ਇਹ ਸਭ ਉਸੇ ਦੇ ਹੱਥਾਂ ਦੀਆਂ ਤਲੀਆਂ ਉੱਤੇ ਹਨ ।੧।

(ਹੇ ਪੰਡਿਤ!) ਤੂੰ ਹੋਰ ਸਾਰੀਆਂ ਫੋਕੀਆਂ ਗੱਲਾਂ ਛੱਡ ਕੇ (ਆਪਣੀ) ਜੀਭ ਨਾਲ ਸਦਾ ਇਕ ਪਰਮਾਤਮਾ ਦਾ ਨਾਮ ਕਿਉਂ ਨਹੀਂ ਸਿਮਰਦਾ? ।੧।ਰਹਾਉ।

(ਹੇ ਪੰਡਿਤ!) ਪੁਰਾਣਾਂ ਦੇ ਅਨੇਕ ਕਿਸਮਾਂ ਦੇ ਪ੍ਰਸੰਗ, ਵੇਦਾਂ ਦੀਆਂ ਦੱਸੀਆਂ ਹੋਈਆਂ ਵਿਧੀਆਂ, ਇਹ ਸਭ ਵਾਕ-ਰਚਨਾ ਹੀ ਹਨ (ਅਨੁਭਵੀ ਗਿਆਨ ਨਹੀਂ ਜੋ ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਹਿਰਦੇ ਵਿਚ ਪੈਦਾ ਹੁੰਦਾ ਹੈ) । (ਹੇ ਪੰਡਿਤ! ਵੇਦਾਂ ਦੇ ਖੋਜੀ) ਵਿਆਸ (ਰਿਸ਼ੀ) ਨੇ ਸੋਚ ਵਿਚਾਰ ਕੇ ਇਹੀ ਧਰਮ-ਤੱਤ ਦੱਸਿਆ ਹੈ ਕਿ (ਇਹਨਾਂ ਪੁਸਤਕਾਂ ਦੇ ਪਾਠ ਆਦਿਕ) ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨ ਦੀ ਬਰਾਬਰੀ ਨਹੀਂ ਕਰ ਸਕਦੇ । (ਫਿਰ, ਤੂੰ ਕਿਉਂ ਨਾਮ ਨਹੀਂ ਸਿਮਰਦਾ?) ।੨।

ਰਵਿਦਾਸ ਆਖਦਾ ਹੈ—ਵੱਡੀ ਕਿਸਮਤ ਨਾਲ ਜਿਸ ਮਨੁੱਖ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਜੁੜਦੀ ਹੈ ਉਸ ਦਾ ਮਨ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ । ਕੋਈ ਵਿਕਾਰ ਉਸ ਵਿਚ ਨਹੀਂ ਉੱਠਦਾ, ਉਹ ਮਨੁੱਖ ਆਪਣੇ ਹਿਰਦੇ ਵਿਚ ਚਾਨਣ ਪ੍ਰਾਪਤ ਕਰਦਾ ਹੈ, ਤੇ, ਜਨਮ ਮਰਨ (ਭਾਵ, ਸਾਰੀ ਉਮਰ) ਦੇ ਉਸ ਦੇ ਡਰ ਨਾਸ ਹੋ ਜਾਂਦੇ ਹਨ ।੩।੪।

ਭਾਵ:- ਸਭ ਪਦਾਰਥਾਂ ਦਾ ਦਾਤਾ ਪ੍ਰਭੂ ਆਪ ਹੈ । ਉਸ ਦਾ ਸਿਮਰਨ ਕਰੋ, ਕੋਈ ਭੁੱਖ ਨਹੀਂ ਰਹਿ ਜਾਇਗੀ ।

ਜਉ ਤੁਮ ਗਿਰਿਵਰ ਤਉ ਹਮ ਮੋਰਾ ॥ ਜਉ ਤੁਮ ਚੰਦ ਤਉ ਹਮ ਭਏ ਹੈ ਚਕੋਰਾ ॥੧॥ ਮਾਧਵੇ ਤੁਮ ਨ ਤੋਰਹੁ ਤਉ ਹਮ ਨਹੀ ਤੋਰਹਿ ॥ ਤੁਮ ਸਿਉ ਤੋਰਿ ਕਵਨ ਸਿਉ ਜੋਰਹਿ ॥੧॥ ਰਹਾਉ ॥ ਜਉ ਤੁਮ ਦੀਵਰਾ ਤਉ ਹਮ ਬਾਤੀ ॥ ਜਉ ਤੁਮ ਤੀਰਥ ਤਉ ਹਮ ਜਾਤੀ ॥੨॥ ਸਾਚੀ ਪ੍ਰੀਤਿ ਹਮ ਤੁਮ ਸਿਉ ਜੋਰੀ ॥ ਤੁਮ ਸਿਉ ਜੋਰਿ ਅਵਰ ਸੰਗਿ ਤੋਰੀ ॥੩॥ ਜਹ ਜਹ ਜਾਉ ਤਹਾ ਤੇਰੀ ਸੇਵਾ ॥ ਤੁਮ ਸੋ ਠਾਕੁਰੁ ਅਉਰੁ ਨ ਦੇਵਾ ॥੪॥ ਤੁਮਰੇ ਭਜਨ ਕਟਹਿ ਜਮ ਫਾਂਸਾ ॥ ਭਗਤਿ ਹੇਤ ਗਾਵੈ ਰਵਿਦਾਸਾ ॥੫॥੫॥ {ਪੰਨਾ 658-659}

ਪਦਅਰਥ:- ਜਉ—ਜੇ । ਗਿਰਿ—ਪਹਾੜ । ਗਿਰਿਵਰ—ਸੋਹਣਾ ਪਹਾੜ । ਤਉ—ਤਾਂ । ਭਏ ਹੈ—ਬਣਾਂਗਾ ।੧।

ਨ ਤੋਰਹੁ—ਨਾਹ ਤੋੜ । ਹਮ ਨਹੀ ਤੋਰਹਿ—ਅਸੀ ਨਹੀਂ ਤੋੜਾਂਗੇ, ਮੈਂ ਨਹੀਂ ਤੋੜਾਂਗਾ । ਤੋਰਿ—ਤੋੜ ਕੇ । ਸਿਉ—ਨਾਲੋਂ ।੧।ਰਹਾਉ।

ਦੀਵਰਾ—ਸੋਹਣਾ ਜਿਹਾ ਦੀਵਾ । ਬਾਤੀ—ਵੱਟੀ । ਜਾਤੀ—ਜਾਤ੍ਰੀ ।੨।

ਅਵਰ ਸੰਗਿ—ਹੋਰਨਾਂ ਨਾਲੋਂ ।੩।

ਜਹ ਜਹ—ਜਿੱਥੇ ਜਿੱਥੇ । ਤੁਮ ਸੋ—ਤੇਰੇ ਵਰਗਾ । ਠਾਕੁਰੁ—ਮਾਲਕ । ਦੇਵਾ—ਹੇ ਦੇਵ! ।੪।

ਕਟਹਿ—ਕੱਟੇ ਜਾਂਦੇ ਹਨ । ਫਾਂਸਾ—ਫਾਹੇ । ਭਗਤਿ ਹੇਤਿ—ਭਗਤੀ ਹਾਸਲ ਕਰਨ ਲਈ ।੫।

ਅਰਥ:- ਹੇ ਮਾਧੋ! ਜੇ ਤੂੰ (ਮੇਰੇ ਨਾਲੋਂ) ਪਿਆਰ ਨਾਹ ਤੋੜੇਂ, ਤਾਂ ਮੈਂ ਭੀ ਨਹੀਂ ਤੋੜਾਂਗਾ; ਕਿਉਂਕਿ ਤੇਰੇ ਨਾਲੋਂ ਤੋੜ ਕੇ ਮੈਂ ਹੋਰ ਕਿਸ ਨਾਲ ਜੋੜ ਸਕਦਾ ਹਾਂ? (ਹੋਰ ਕੋਈ, ਹੇ ਮਾਧੋ! ਤੇਰੇ ਵਰਗਾ ਹੈ ਹੀ ਨਹੀਂ) ।੧।ਰਹਾਉ।

ਹੇ ਮੇਰੇ ਮਾਧੋ! ਜੇ ਤੂੰ ਸੋਹਣਾ ਜਿਹਾ ਪਹਾੜ ਬਣੇਂ, ਤਾਂ ਮੈਂ (ਤੇਰਾ) ਮੋਰ ਬਣਾਂਗਾ (ਤੈਨੂੰ ਵੇਖ ਵੇਖ ਕੇ ਪੈਲਾਂ ਪਾਵਾਂਗਾ) । ਜੇ ਤੂੰ ਚੰਦ ਬਣੇਂ ਤਾਂ ਮੈਂ ਤੇਰੀ ਚਕੋਰ ਬਣਾਂਗਾ (ਤੇ ਤੈਨੂੰ ਵੇਖ ਕੇ ਖ਼ੁਸ਼ ਹੋ ਹੋ ਕੇ ਬੋਲਾਂਗੀ) ।੧।

ਹੇ ਮਾਧੋ! ਜੇ ਤੂੰ ਸੋਹਣਾ ਦੀਵਾ ਬਣੇਂ, ਮੈਂ (ਤੇਰੀ) ਵੱਟੀ ਬਣ ਜਾਵਾਂ । ਜੇ ਤੂੰ ਤੀਰਥ ਬਣ ਜਾਏਂ ਤਾਂ ਮੈਂ (ਤੇਰਾ ਦੀਦਾਰ ਕਰਨ ਲਈ) ਜਾਤ੍ਰੂ ਬਣ ਜਾਵਾਂਗਾ ।੨।

ਹੇ ਪ੍ਰਭੂ! ਮੈਂ ਤੇਰੇ ਨਾਲ ਪੱਕਾ ਪਿਆਰ ਪਾ ਲਿਆ ਹੈ । ਤੇਰੇ ਨਾਲ ਪਿਆਰ ਗੰਢ ਕੇ ਮੈਂ ਹੋਰ ਸਭਨਾਂ ਨਾਲੋਂ ਤੋੜ ਲਿਆ ਹੈ ।੩।

ਹੇ ਮਾਧੋ! ਮੈਂ ਜਿੱਥੇ ਜਿੱਥੇ ਜਾਂਦਾ ਹਾਂ (ਮੈਨੂੰ ਹਰ ਥਾਂ ਤੂੰ ਹੀ ਦਿੱਸਦਾ ਹੈਂ, ਮੈਂ ਹਰ ਥਾਂ) ਤੇਰੀ ਹੀ ਸੇਵਾ ਕਰਦਾ ਹਾਂ । ਹੇ ਦੇਵ! ਤੇਰੇ ਵਰਗਾ ਕੋਈ ਹੋਰ ਮਾਲਕ ਮੈਨੂੰ ਨਹੀਂ ਦਿੱਸਿਆ ।੪।

ਤੇਰੀ ਬੰਦਗੀ ਕੀਤਿਆਂ ਜਮਾਂ ਦੇ ਬੰਧਨ ਕੱਟੇ ਜਾਂਦੇ ਹਨ, (ਤਾਹੀਏਂ) ਰਵਿਦਾਸ ਤੇਰੀ ਭਗਤੀ ਦਾ ਚਾਉ ਹਾਸਲ ਕਰਨ ਲਈ ਤੇਰੇ ਗੁਣ ਗਾਉਂਦਾ ਹੈ ।੫।੫।

ਸ਼ਬਦ ਦਾ ਭਾਵ:- ਪ੍ਰਭੂ ਦੀ ਮਿਹਰ ਨਾਲ ਹੀ ਉਸ ਦੇ ਚਰਨਾਂ ਵਿਚ ਪ੍ਰੀਤਿ ਟਿਕੀ ਰਹਿ ਸਕਦੀ ਹੈ । ਉਹੀ ਪ੍ਰੀਤਿ ਉੱਚੇ ਦਰਜੇ ਦੀ ਹੈ ।

ਜਲ ਕੀ ਭੀਤਿ ਪਵਨ ਕਾ ਥੰਭਾ ਰਕਤ ਬੁੰਦ ਕਾ ਗਾਰਾ ॥ ਹਾਡ ਮਾਸ ਨਾੜੀ ਕੋ ਪਿੰਜਰੁ ਪੰਖੀ ਬਸੈ ਬਿਚਾਰਾ ॥੧॥ ਪ੍ਰਾਨੀ ਕਿਆ ਮੇਰਾ ਕਿਆ ਤੇਰਾ ॥ ਜੈਸੇ ਤਰਵਰ ਪੰਖਿ ਬਸੇਰਾ ॥੧॥ ਰਹਾਉ ॥ ਰਾਖਹੁ ਕੰਧ ਉਸਾਰਹੁ ਨੀਵਾਂ ॥ ਸਾਢੇ ਤੀਨਿ ਹਾਥ ਤੇਰੀ ਸੀਵਾਂ ॥੨॥ ਬੰਕੇ ਬਾਲ ਪਾਗ ਸਿਰਿ ਡੇਰੀ ॥ ਇਹੁ ਤਨੁ ਹੋਇਗੋ ਭਸਮ ਕੀ ਢੇਰੀ ॥੩॥ ਊਚੇ ਮੰਦਰ ਸੁੰਦਰ ਨਾਰੀ ॥ ਰਾਮ ਨਾਮ ਬਿਨੁ ਬਾਜੀ ਹਾਰੀ ॥੪॥ ਮੇਰੀ ਜਾਤਿ ਕਮੀਨੀ ਪਾਂਤਿ ਕਮੀਨੀ ਓਛਾ ਜਨਮੁ ਹਮਾਰਾ ॥ ਤੁਮ ਸਰਨਾਗਤਿ ਰਾਜਾ ਰਾਮ ਚੰਦ ਕਹਿ ਰਵਿਦਾਸ ਚਮਾਰਾ ॥੫॥੬॥ {ਪੰਨਾ 659}

ਪਦਅਰਥ:- ਭੀਤਿ—ਕੰਧ । ਪਵਨ—ਹਵਾ । ਥੰਭਾ—ਥੰਮ੍ਹੀ । ਰਕਤ—ਮਾਂ ਦੀ ਰੱਤ । ਬੁੰਦ—ਪਿਉ ਦੇ ਵੀਰਜ ਦੀ ਬੂੰਦ । ਪੰਖੀ—ਜੀਵ-ਪੰਛੀ ।੧।

ਪ੍ਰਾਨੀ—ਹੇ ਬੰਦੇ! ਤਰਵਰ—ਰੁੱਖਾਂ (ਉੱਤੇ) । ਪੰਖਿ—ਪੰਛੀ ।੧।ਰਹਾਉ।

ਨੀਵਾਂ—ਨੀਹਾਂ । ਸੀਵਾਂ—ਸੀਮਾ, ਹੱਦ, ਵੱਧ ਤੋਂ ਵੱਧ ਥਾਂ ।੨।

ਬੰਕੇ—ਸੋਹਣੇ, ਬਾਂਕੇ । ਡੇਰੀ—ਵਿੰਗੀ, ਟੇਢੀ ।੩।

ਬਾਜੀ—ਜ਼ਿੰਦਗੀ ਦੀ ਖੇਡ ।੪।

ਪਾਂਤਿ—ਕੁਲ, ਗੋਤ । ਓਛਾ—ਨੀਵਾਂ । ਸਰਨਾਗਤਿ—ਸਰਨ ਆਇਆ ਹਾਂ । ਰਾਜਾ—ਹੇ ਰਾਜਨ! ਕਹਿ—ਕਹੇ । ਚੰਦ—ਹੇ ਚੰਦ! ਹੇ ਸੋਹਣੇ! ।੫।

ਅਰਥ:- ਜਿਵੇਂ ਰੁੱਖਾਂ ਉੱਤੇ ਪੰਛੀਆਂ ਦਾ (ਸਿਰਫ਼ ਰਾਤ ਲਈ) ਡੇਰਾ ਹੁੰਦਾ ਹੈ (ਤਿਵੇਂ ਜੀਵਾਂ ਦੀ ਵੱਸੋਂ ਜਗਤ ਵਿਚ ਹੈ) । ਹੇ ਭਾਈ! ਫਿਰ, ਇਹਨਾਂ ਵਿਤਕਰਿਆਂ ਤੇ ਵੰਡਾਂ ਦਾ ਕੀਹ ਲਾਭ? ।੧।ਰਹਾਉ।

ਜੀਵ-ਪੰਛੀ ਵਿਚਾਰਾ ਉਸ ਸਰੀਰ ਵਿਚ ਵੱਸ ਰਿਹਾ ਹੈ ਜਿਸ ਦੀ ਕੰਧ (ਮਾਨੋ) ਪਾਣੀ ਦੀ ਹੈ, ਜਿਸ ਦੀ ਥੰਮ੍ਹੀ ਹਵਾ (ਸੁਆਸਾਂ) ਦੀ ਹੈ; ਮਾਂ ਦੀ ਰੱਤ ਤੇ ਪਿਉ ਦੇ ਵੀਰਜ ਦਾ ਜਿਸ ਨੂੰ ਗਾਰਾ ਲੱਗਾ ਹੋਇਆ ਹੈ, ਤੇ ਹੱਡ ਮਾਸ ਨਾੜੀਆਂ ਦਾ ਪਿੰਜਰ ਬਣਿਆ ਹੋਇਆ ਹੈ ।੧।

ਹੇ ਭਾਈ! (ਡੂੰਘੀਆਂ) ਨੀਹਾਂ ਪੁਟਾ ਪੁਟਾ ਕੇ ਤੂੰ ਉਹਨਾਂ ਉੱਤੇ ਕੰਧਾਂ ਉਸਰਾਉਂਦਾ ਹੈਂ, ਪਰ ਤੈਨੂੰ ਆਪ ਨੂੰ (ਹਰ ਰੋਜ਼ ਤਾਂ ਵੱਧ ਤੋਂ ਵੱਧ ਸਾਢੇ ਤਿੰਨ ਹੱਥ ਥਾਂ ਹੀ ਚਾਹੀਦੀ ਹੈ (ਸੌਣ ਵੇਲੇ ਇਤਨੀ ਕੁ ਥਾਂ ਹੀ ਮੱਲਦਾ ਹੈਂ) ।੨।

ਤੂੰ ਸਿਰ ਉੱਤੇ ਬਾਂਕੇ ਬਾਲ (ਸੰਵਾਰ ਸੰਵਾਰ ਕੇ) ਵਿੰਗੀ ਪੱਗ ਬੰਨ੍ਹਦਾ ਹੈਂ (ਪਰ ਸ਼ਾਇਦ ਤੈਨੂੰ ਕਦੇ ਇਹ ਚੇਤਾ ਨਹੀਂ ਆਇਆ ਕਿ) ਇਹ ਸਰੀਰ (ਹੀ ਕਿਸੇ ਦਿਨ) ਸੁਆਹ ਦੀ ਢੇਰੀ ਹੋ ਜਾਇਗਾ ।੩।

ਹੇ ਭਾਈ! ਤੂੰ ਉੱਚੇ ਉੱਚੇ ਮਹਲ ਮਾੜੀਆਂ ਤੇ ਸੁੰਦਰ ਇਸਤ੍ਰੀ (ਦਾ ਮਾਣ ਕਰਦਾ ਹੈਂ), ਪ੍ਰਭੂ ਦਾ ਨਾਮ ਵਿਸਾਰ ਕੇ ਤੂੰ ਮਨੁੱਖਾ ਜਨਮ ਦੀ ਖੇਡ ਹਾਰ ਰਿਹਾ ਹੈਂ ।੪।

ਰਵਿਦਾਸ ਚਮਾਰ ਆਖਦਾ ਹੈ—ਹੇ ਮੇਰੇ ਰਾਜਨ! ਹੇ ਮੇਰੇ ਸੋਹਣੇ ਰਾਮ! ਮੇਰੀ ਤਾਂ ਜਾਤਿ, ਕੁਲ ਤੇ ਜਨਮ ਸਭ ਕੁਝ ਨੀਵਾਂ ਹੀ ਨੀਵਾਂ ਸੀ, (ਇੱਥੇ ਉੱਚੀਆਂ ਕੁਲਾਂ ਵਾਲੇ ਡੁਬਦੇ ਜਾ ਰਹੇ ਹਨ, ਮੇਰਾ ਕੀਹ ਬਣਨਾ ਸੀ? ਪਰ) ਮੈਂ ਤੇਰੀ ਸਰਨ ਆਇਆ ਹਾਂ ।੫।੬।

ਨੋਟ:- ਇਸ ਸ਼ਬਦ ਵਿਚ ਅਸਲ ਜ਼ੋਰ ਇਸ ਗੱਲ ਉੱਤੇ ਹੈ ਕਿ ਇੱਥੇ ਜਗਤ ਵਿਚ ਪੰਛੀਆਂ ਵਾਂਗ ਜੀਵਾਂ ਦਾ

ਵਸੇਬਾ ਹੈ, ਪਰ ਜੀਵ ਵੱਡੇ ਵੱਡੇ ਕਿੱਲੇ ਗੱਡ ਕੇ ਮਾਣ ਕਰ ਰਹੇ ਹਨ ਤੇ ਰੱਬ ਨੂੰ ਭੁਲਾ ਕੇ ਜੀਵਨ ਕਮੀਨੇ ਬਣਾ ਰਹੇ ਹਨ, ਅਜਾਈਂ ਗਵਾ ਰਹੇ ਹਨ । ਅਖ਼ੀਰ ਦੀਆਂ ਤੁਕਾਂ ਦੇ ਲਫ਼ਜ਼ 'ਰਾਜਾ' ਅਤੇ 'ਚੰਦ' ਸ੍ਰੀ ਰਾਮ ਚੰਦ ਜੀ ਵਾਸਤੇ ਨਹੀਂ ਹਨ, ਆਪਣਾ ਕਮੀਨਾ-ਪਨ ਤੇ ਹੋਛਾ-ਪਨ ਵਧੀਕ ਉੱਘਾ ਕਰਨ ਲਈ ਪਰਮਾਤਮਾ ਵਾਸਤੇ ਲਫ਼ਜ਼ 'ਰਾਜਾ' ਤੇ 'ਚੰਦ' ਵਰਤੇ ਹਨ, ਭਾਵ, ਇਕ ਪਾਸੇ, ਪ੍ਰਕਾਸ਼-ਸਰੂਪ ਸੋਹਣਾ ਪ੍ਰਭੂ ਦੂਜੇ ਪਾਸੇ, ਮੈਂ ਜੀਵ ਹੋਛਾ ਤੇ ਕਮੀਨਾ । ਜੇ ਰਵਿਦਾਸ ਜੀ ਸ੍ਰੀ ਰਾਮ ਚੰਦਰ ਜੀ ਦੀ ਮੂਰਤੀ ਦੇ ਉਪਾਸ਼ਕ ਹੁੰਦੇ ਤਾਂ ਆਪਣੇ ਸ਼ਬਦਾਂ ਵਿਚ ਲਫ਼ਜ਼ 'ਮਾਧੋ' ਨਾਹ ਵਰਤਦੇ ਕਿਉਂਕਿ 'ਮਾਧੋ' ਕ੍ਰਿਸ਼ਨ ਜੀ ਦਾ ਨਾਮ ਹੈ, ਤੇ ਇੱਕ ਅਵਤਾਰ ਦਾ ਪੁਜਾਰੀ ਦੂਜੇ ਅਵਤਾਰ ਦਾ ਨਾਮ ਆਪਣੇ ਅਵਤਾਰ ਵਾਸਤੇ ਨਹੀਂ ਵਰਤ ਸਕਦਾ ।

ਸ਼ਬਦ ਦਾ ਭਾਵ:- ਇੱਥੇ ਰੈਣਿ-ਬਸੇਰਾ ਹੈ । 'ਮੈਂ ਮੇਰੀ' ਕਿਉਂ?

ਚਮਰਟਾ ਗਾਂਠਿ ਨ ਜਨਈ ॥ ਲੋਗੁ ਗਠਾਵੈ ਪਨਹੀ ॥੧॥ ਰਹਾਉ ॥ ਆਰ ਨਹੀ ਜਿਹ ਤੋਪਉ ॥ ਨਹੀ ਰਾਂਬੀ ਠਾਉ ਰੋਪਉ ॥੧॥ ਲੋਗੁ ਗੰਠਿ ਗੰਠਿ ਖਰਾ ਬਿਗੂਚਾ ॥ ਹਉ ਬਿਨੁ ਗਾਂਠੇ ਜਾਇ ਪਹੂਚਾ ॥੨॥ ਰਵਿਦਾਸੁ ਜਪੈ ਰਾਮ ਨਾਮਾ ॥ ਮੋਹਿ ਜਮ ਸਿਉ ਨਾਹੀ ਕਾਮਾ ॥੩॥੭॥ {ਪੰਨਾ 659}

ਪਦਅਰਥ:- ਚਮਰਟਾ—ਗ਼ਰੀਬ ਚਮਿਆਰ । ਗਾਂਠਿ ਨ ਜਨਈ—ਗੰਢਣਾ ਨਹੀਂ ਜਾਣਦਾ । ਗਠਾਵੈ—ਗੰਢਾਉਂਦਾ ਹੈ । ਪਨਹੀ—ਜੁੱਤੀ ।੧।ਰਹਾਉ।

ਜਿਹ—ਜਿਸ ਨਾਲ । ਤੋਪਉ—ਤੋਪਉਂ, ਤੁ੍ਰੱਪਾ ਲਾਵਾਂ । ਠਾਉ—ਥਾਂ ਜੁੱਤੀ ਦੀ ਟੁੱਟੀ ਹੋਈ ਥਾਂ । ਰੋਪਉ—ਰੋਪਉਂ, ਟਾਕੀ ਲਾਵਾਂ ।੧।

ਗੰਠਿ ਗੰਠਿ—ਗੰਢ ਗੰਢ ਕੇ । ਖਰਾ—ਬਹੁਤ । ਬਿਗੂਚਾ—ਖ਼ੁਆਰ ਹੋ ਰਿਹਾ ਹੈ । ਹਉ—ਮੈਂ । ਬਿਨੁ ਗਾਂਠੇ—ਗੰਢਣ ਦਾ ਕੰਮ ਛੱਡ ਕੇ ।੨।

ਮੋਹਿ—ਮੈਨੂੰ । ਸਿਉ—ਨਾਲ । ਕਾਮਾ—ਵਾਸਤਾ ।੩।

ਨੋਟ:- ਰਵਿਦਾਸ ਜੀ ਬਨਾਰਸ ਦੇ ਵਸਨੀਕ ਸਨ, ਤੇ ਇਹ ਸ਼ਹਿਰ ਵਿਦਵਾਨ ਬ੍ਰਾਹਮਣਾਂ ਦਾ ਭਾਰਾ ਕੇਂਦਰ ਚਲਿਆ ਆ ਰਿਹਾ ਹੈ । ਬ੍ਰਾਹਮਣਾਂ ਦੀ ਅਗਵਾਈ ਵਿਚ ਇੱਥੇ ਮੂਰਤੀ-ਪੂਜਾ ਦਾ ਜ਼ੋਰ ਹੋਣਾ ਭੀ ਕੁਦਰਤੀ ਗੱਲ ਸੀ । ਇਕ ਪਾਸੇ ਉੱਚੀ ਕੁਲ ਦੇ ਵਿਦਵਾਨ ਲੋਕ ਮੰਦਰਾਂ ਵਿਚ ਜਾ ਜਾ ਕੇ ਮੂਰਤੀਆਂ ਪੂਜਣ; ਦੂਜੇ ਪਾਸੇ, ਇਕ ਬੜੀ ਨੀਵੀਂ ਜਾਤ ਦਾ ਕੰਗਾਲ ਤੇ ਗ਼ਰੀਬ ਰਵਿਦਾਸ ਇੱਕ ਪਰਮਾਤਮਾ ਦੇ ਸਿਮਰਨ ਦਾ ਹੋਕਾ ਦੇਵੇ—ਇਹ ਇਕ ਅਜੀਬ ਜਹੀ ਖੇਡ ਬਨਾਰਸ ਵਿਚ ਹੋ ਰਹੀ ਸੀ । ਬ੍ਰਾਹਮਣਾਂ ਦਾ ਚਮਾਰ ਰਵਿਦਾਸ ਨੂੰ ਉਸ ਦੀ ਨੀਵੀਂ ਜਾਤ ਦਾ ਚੇਤਾ ਕਰਾ ਕਰਾ ਕੇ ਉਸ ਨੂੰ ਮਖ਼ੌਲ ਕਰਨਾ ਭੀ ਇਕ ਸੁਭਾਵਿਕ ਜਿਹੀ ਗੱਲ ਸੀ । ਅਜਿਹੀ ਦਸ਼ਾ ਹਰ ਥਾਂ ਰੋਜ਼ਾਨਾ ਜੀਵਨ ਵਿਚ ਵੇਖੀ ਜਾ ਰਹੀ ਹੈ ।

ਇਸ ਸ਼ਬਦ ਵਿਚ ਰਵਿਦਾਸ ਜੀ ਲੋਕਾਂ ਦੇ ਇਸ ਮਖ਼ੌਲ ਦਾ ਉੱਤਰ ਦੇਂਦੇ ਹਨ, ਤੇ, ਕਹਿੰਦੇ ਹਨ ਕਿ ਮੈਂ ਤਾਂ ਭਲਾ ਜਾਤ ਦਾ ਹੀ ਚਮਾਰ ਹਾਂ, ਲੋਕ ਉੱਚੀਆਂ ਕੁਲਾਂ ਦੇ ਹੋ ਕੇ ਭੀ ਚਮਾਰ ਬਣੇ ਪਏ ਹਨ । ਇਹ ਜਿਸਮ, ਮਾਨੋ, ਇਕ ਜੁੱਤੀ ਹੈ । ਗ਼ਰੀਬ ਮਨੁੱਖ ਮੁੜ ਮੁੜ ਆਪਣੀ ਜੁੱਤੀ ਗੰਢਾਉਂਦਾ ਹੈ ਕਿ ਬਹੁਤਾ ਚਿਰ ਕੰਮ ਦੇ ਜਾਏ । ਇਸੇ ਤਰ੍ਹਾਂ ਮਾਇਆ ਦੇ ਮੋਹ ਵਿਚ ਫਸੇ ਹੋਏ ਬੰਦੇ (ਚਾਹੇ ਉਹ ਉੱਚੀ ਕੁਲ ਦੇ ਭੀ ਹਨ) ਇਸ ਸਰੀਰ ਨੂੰ ਗਾਂਢੇ ਲਾਣ ਲਈ ਦਿਨ ਰਾਤ ਇਸੇ ਦੀ ਪਾਲਣਾ ਵਿਚ ਜੁੱਟੇ ਰਹਿੰਦੇ ਹਨ, ਤੇ ਪ੍ਰਭੂ ਨੂੰ ਵਿਸਾਰ ਕੇ ਖ਼ੁਆਰ ਹੁੰਦੇ ਹਨ । ਜਿਵੇਂ ਚਮਿਆਰ ਜੁੱਤੀ ਗੰਢਦਾ ਹੈ, ਤਿਵੇਂ ਮਾਇਆ-ਗ੍ਰਸਿਆ ਜੀਵ ਸਰੀਰ ਨੂੰ ਸਦਾ ਚੰਗੀਆਂ ਖ਼ੁਰਾਕਾਂ ਪੁਸ਼ਾਕਾਂ

ਤੇ ਦਵਾਈਆਂ ਆਦਿਕ ਦੇ ਗਾਂਢੇ ਤ੍ਰੋਪੇ ਲਾਉਂਦਾ ਰਹਿੰਦਾ ਹੈ । ਸੋ ਸਾਰਾ ਜਗਤ ਹੀ ਚਮਾਰ ਬਣਿਆ ਪਿਆ ਹੈ । ਪਰ, ਰਵਿਦਾਸ ਜੀ ਆਖਦੇ ਹਨ, ਮੈਂ ਮੋਹ ਮੁਕਾ ਕੇ ਸਰੀਰ ਨੂੰ ਗਾਂਢੇ-ਤੋਪੇ ਲਾਉਣੇ ਛੱਡ ਬੈਠਾ ਹਾਂ, ਮੈਂ ਲੋਕਾਂ ਵਾਂਗ ਦਿਨ ਰਾਤ ਸਰੀਰ ਦੇ ਆਹਰ ਵਿਚ ਨਹੀਂ ਰਹਿੰਦਾ, ਮੈਂ ਪ੍ਰਭੂ ਦਾ ਨਾਮ ਸਿਮਰਨਾ ਆਪਣਾ ਮੁੱਖ-ਧਰਮ ਬਣਾਇਆ ਹੈ, ਤਾਹੀਏਂ ਮੈਨੂੰ ਕਿਸੇ ਜਮ ਆਦਿਕ ਦਾ ਡਰ ਨਹੀਂ ਰਿਹਾ ।

ਅਰਥ:- ਮੈਂ ਗ਼ਰੀਬ ਚਮਿਆਰ (ਸਰੀਰ-ਜੁੱਤੀ ਨੂੰ) ਗੰਢਣਾ ਨਹੀਂ ਜਾਣਦਾ, ਪਰ ਜਗਤ ਦੇ ਜੀਵ ਆਪੋ ਆਪਣੀ (ਸਰੀਰ-ਰੂਪ) ਜੁੱਤੀ ਗੰਢਾ ਰਹੇ ਹਨ (ਭਾਵ, ਲੋਕ ਦਿਨ ਰਾਤ ਨਿਰੇ ਸਰੀਰ ਦੀ ਪਾਲਣਾ ਦੇ ਆਹਰ ਵਿਚ ਲੱਗ ਰਹੇ ਹਨ ।੧।ਰਹਾਉ।

ਮੇਰੇ ਪਾਸ ਆਰ ਨਹੀਂ ਕਿ ਮੈਂ (ਜੁੱਤੀ ਨੂੰ) ਤ੍ਰੋਪੇ ਲਾਵਾਂ (ਭਾਵ, ਮੇਰੇ ਅੰਦਰ ਮੋਹ ਦੀ ਖਿੱਚ ਨਹੀਂ ਕਿ ਮੇਰੀ ਸੁਰਤ ਸਦਾ ਸਰੀਰ ਵਿਚ ਹੀ ਟਿਕੀ ਰਹੇ) । ਮੇਰੇ ਪਾਸ ਰੰਬੀ ਨਹੀਂ ਕਿ (ਜੁੱਤੀ ਨੂੰ) ਟਾਕੀਆਂ ਲਾਵਾਂ (ਭਾਵ, ਮੇਰੇ ਅੰਦਰ ਲੋਭ ਨਹੀਂ ਕਿ ਚੰਗੇ ਚੰਗੇ ਖਾਣੇ ਲਿਆ ਕੇ ਨਿੱਤ ਸਰੀਰ ਨੂੰ ਪਾਲਦਾ ਰਹਾਂ) ।੧।

ਜਗਤ ਗੰਢ ਗੰਢ ਕੇ ਬਹੁਤ ਖ਼ੁਆਰ ਹੋ ਰਿਹਾ ਹੈ (ਭਾਵ, ਜਗਤ ਦੇ ਜੀਵ ਆਪੋ ਆਪਣੇ ਸਰੀਰ ਨੂੰ ਦਿਨ ਰਾਤ ਪਾਲਣ ਪੋਸਣ ਦੇ ਆਹਰੇ ਲੱਗ ਕੇ ਦੁਖੀ ਹੋ ਰਹੇ ਹਨ); ਮੈਂ ਗੰਢਣ ਦਾ ਕੰਮ ਛੱਡ ਕੇ (ਭਾਵ, ਆਪਣੇ ਸਰੀਰ ਦੇ ਨਿੱਤ ਆਹਰੇ ਲੱਗੇ ਰਹਿਣ ਨੂੰ ਛੱਡ ਕੇ) ਪ੍ਰਭੂ-ਚਰਨਾਂ ਵਿਚ ਜਾ ਅੱਪੜਿਆ ਹਾਂ ।੨।

ਰਵਿਦਾਸ ਹੁਣ ਪਰਮਾਤਮਾ ਦਾ ਨਾਮ ਸਿਮਰਦਾ ਹੈ, (ਤੇ, ਸਰੀਰ ਦਾ ਮੋਹ ਛੱਡ ਬੈਠਾ ਹੈ; ਇਸੇ ਵਾਸਤੇ) ਮੈਨੂੰ ਰਵਿਦਾਸ ਨੂੰ ਜਮਾਂ ਨਾਲ ਕੋਈ ਵਾਸਤਾ ਨਹੀਂ ਰਹਿ ਗਿਆ ।੩।੭।

ਸ਼ਬਦ ਦਾ ਭਾਵ:- ਸਰੀਰਕ ਮੋਹ ਖ਼ੁਆਰ ਕਰਦਾ ਹੈ ।

ਰਾਗੁ ਸੋਰਠਿ ਬਾਣੀ ਭਗਤ ਭੀਖਨ ਕੀ ੴ ਸਤਿਗੁਰ ਪ੍ਰਸਾਦਿ ॥ ਨੈਨਹੁ ਨੀਰੁ ਬਹੈ ਤਨੁ ਖੀਨਾ ਭਏ ਕੇਸ ਦੁਧ ਵਾਨੀ ॥ ਰੂਧਾ ਕੰਠੁ ਸਬਦੁ ਨਹੀ ਉਚਰੈ ਅਬ ਕਿਆ ਕਰਹਿ ਪਰਾਨੀ ॥੧॥ ਰਾਮ ਰਾਇ ਹੋਹਿ ਬੈਦ ਬਨਵਾਰੀ ॥ ਅਪਨੇ ਸੰਤਹ ਲੇਹੁ ਉਬਾਰੀ ॥੧॥ ਰਹਾਉ ॥ ਮਾਥੇ ਪੀਰ ਸਰੀਰਿ ਜਲਨਿ ਹੈ ਕਰਕ ਕਰੇਜੇ ਮਾਹੀ ॥ ਐਸੀ ਬੇਦਨ ਉਪਜਿ ਖਰੀ ਭਈ ਵਾ ਕਾ ਅਉਖਧੁ ਨਾਹੀ ॥੨॥ ਹਰਿ ਕਾ ਨਾਮੁ ਅੰਮ੍ਰਿਤ ਜਲੁ ਨਿਰਮਲੁ ਇਹੁ ਅਉਖਧੁ ਜਗਿ ਸਾਰਾ ॥ ਗੁਰ ਪਰਸਾਦਿ ਕਹੈ ਜਨੁ ਭੀਖਨੁ ਪਾਵਉ ਮੋਖ ਦੁਆਰਾ ॥੩॥੧॥ {ਪੰਨਾ 659}

ਪਦਅਰਥ:- ਨੈਨਹੁ—ਅੱਖਾਂ ਵਿਚੋਂ । ਨੀਰੁ—ਪਾਣੀ । ਖੀਨਾ—ਕਮਜ਼ੋਰ, ਲਿੱਸਾ । ਦੁਧਵਾਨੀ—ਦੁੱਧ ਦੇ ਵੰਨ ਦੇ, ਦੁੱਧ ਵਰਗੇ ਚਿੱਟੇ । ਰੂਧਾ—ਰੁਕਿਆ ਹੋਇਆ (ਕਫ ਨਾਲ) । ਕੰਠੁ—ਗਲਾ । ਪਰਾਨੀ—ਹੇ ਜੀਵ! ।੧।

ਹੋਹਿ—ਜੇ ਤੂੰ ਹੋਵੇਂ, ਜੇ ਤੂੰ ਬਣੇਂ । ਬਨਵਾਰੀ—{Skt. vnmwil n adorned with a chaplet of wood flowers. ਜੰਗਲੀ ਫੁੱਲਾਂ ਦੀ ਮਾਲਾ ਪਾਣ ਵਾਲਾ । An epithet of Krishna} ਪਰਮਾਤਮਾ । ਲੇਹੁ ਉਬਾਰੀ—ਬਚਾ ਲੈਂਦੇ ਹੋ ।ਰਹਾਉ।

ਸਰੀਰਿ—ਸਰੀਰ ਵਿਚ । ਜਲਨਿ—ਸੜਨ । ਕਰਕ—ਦਰਦ । ਬੇਦਨ—ਰੋਗ । ਖਰੀ ਬੇਦਨ—ਵਡਾ ਰੋਗ । ਵਾ ਕਾ—ਉਸ ਦਾ । ਅਉਖਧੁ—ਦਾਰੂ, ਦਵਾਈ ।੨।

ਜਗਿ—ਜਗਤ ਵਿਚ । ਸਾਰਾ—ਸ੍ਰੇਸ਼ਟ । ਗੁਰ ਪਰਸਾਦਿ—ਗੁਰੂ ਦੀ ਕਿਰਪਾ ਨਾਲ । ਪਾਵਉ—ਮੈਂ ਹਾਸਲ

ਕਰਦਾ ਹਾਂ, ਮੈਂ ਪ੍ਰਾਪਤ ਕਰ ਲਿਆ ਹੈ । ਮੋਖ—ਮੁਕਤੀ, ਸਰੀਰਕ ਮੋਹ ਤੋਂ ਖ਼ਲਾਸੀ ਦੇਹ-ਅੱਧਿਆਸ ਤੋਂ ਅਜ਼ਾਦੀ । ਮੋਖ ਦੁਆਰਾ—ਮੁਕਤੀ ਦਾ ਰਸਤਾ, ਉਹ ਤਰੀਕਾ ਜਿਸ ਨਾਲ ਸਰੀਰਕ ਮੋਹ ਤੋਂ ਖ਼ਲਾਸੀ ਹੋ ਜਾਏ ।੩।

ਅਰਥ:- ਹੇ ਸੋਹਣੇ ਰਾਮ! ਹੇ ਪ੍ਰਭੂ! ਜੇ ਤੂੰ ਹਕੀਮ ਬਣੇਂ ਤਾਂ ਤੂੰ ਆਪਣੇ ਸੰਤਾਂ ਨੂੰ (ਦੇਹ-ਅੱਧਿਆਸ ਤੋਂ) ਬਚਾ ਲੈਂਦਾ ਹੈਂ (ਭਾਵ, ਤੂੰ ਆਪ ਹੀ ਹਕੀਮ ਬਣ ਕੇ ਸੰਤਾਂ ਨੂੰ ਦੇਹ-ਅੱਧਿਆਸ ਤੋਂ ਬਚਾ ਲੈਂਦਾ ਹੈਂ) ।੧।ਰਹਾਉ।

ਹੇ ਜੀਵ! (ਬਿਰਧ ਅਵਸਥਾ ਵਿਚ ਕਮਜ਼ੋਰ ਹੋਣ ਕਰਕੇ) ਤੇਰੀਆਂ ਅੱਖਾਂ ਵਿਚੋਂ ਪਾਣੀ ਵਗ ਰਿਹਾ ਹੈ, ਤੇਰਾ ਸਰੀਰ ਲਿੱਸਾ ਹੋ ਗਿਆ ਹੈ, ਤੇਰੇ ਕੇਸ ਦੁੱਧ ਵਰਗੇ ਚਿੱਟੇ ਹੋ ਗਏ ਹਨ, ਤੇਰਾ ਗਲਾ (ਕਫ ਨਾਲ) ਰੁਕਣ ਕਰਕੇ ਬੋਲ ਨਹੀਂ ਸਕਦਾ; ਅਜੇ (ਭੀ) ਤੂੰ ਕੀਹ ਕਰ ਰਿਹਾ ਹੈਂ? (ਭਾਵ, ਹੁਣ ਭੀ ਤੂੰ ਪਰਮਾਤਮਾ ਨੂੰ ਕਿਉਂ ਯਾਦ ਨਹੀਂ ਕਰਦਾ? ਤੂੰ ਕਿਉਂ ਸਰੀਰ ਦੇ ਮੋਹ ਵਿਚ ਫਸਿਆ ਪਿਆ ਹੈਂ? ਤੂੰ ਕਿਉਂ ਦੇਹ-ਅੱਧਿਆਸ ਨਹੀਂ ਛੱਡਦਾ?) ।੧।

ਹੇ ਪ੍ਰਾਣੀ! (ਬਿਰਧ ਹੋਣ ਦੇ ਕਾਰਨ) ਤੇਰੇ ਸਿਰ ਵਿਚ ਪੀੜ ਟਿਕੀ ਰਹਿੰਦੀ ਹੈ, ਸਰੀਰ ਵਿਚ ਸੜਨ ਰਹਿੰਦੀ ਹੈ, ਕਲੇਜੇ ਵਿਚ ਦਰਦ ਉਠਦੀ ਹੈ (ਕਿਸ ਕਿਸ ਅੰਗ ਦਾ ਫ਼ਿਕਰ ਕਰੀਏ? ਸਾਰੇ ਹੀ ਜਿਸਮ ਵਿਚ ਬੁਢੇਪੇ ਦਾ) ਇੱਕ ਐਸਾ ਵੱਡਾ ਰੋਗ ਉੱਠ ਖਲੋਤਾ ਹੈ ਕਿ ਇਸ ਦਾ ਕੋਈ ਇਲਾਜ ਨਹੀਂ ਹੈ (ਫਿਰ ਭੀ ਇਸ ਸਰੀਰ ਨਾਲੋਂ ਤੇਰਾ ਮੋਹ ਨਹੀਂ ਮਿਟਦਾ) ।੨।

(ਇਸ ਸਰੀਰਕ ਮੋਹ ਨੂੰ ਮਿਟਾਣ ਦਾ) ਇੱਕੋ ਹੀ ਸ੍ਰੇਸ਼ਟ ਇਲਾਜ ਜਗਤ ਵਿਚ ਹੈ, ਉਹ ਹੈ ਪ੍ਰਭੂ ਦਾ ਨਾਮ-ਰੂਪ ਅੰਮ੍ਰਿਤ, ਪਰਮਾਤਮਾ ਦਾ ਨਾਮ-ਰੂਪ ਨਿਰਮਲ ਜਲ । ਦਾਸ ਭੀਖਣ ਆਖਦਾ ਹੈ—(ਆਪਣੇ) ਗੁਰੂ ਦੀ ਕਿਰਪਾ ਨਾਲ ਮੈਂ ਇਹ ਨਾਮ ਜਪਣ ਦਾ ਰਸਤਾ ਲੱਭ ਲਿਆ ਹੈ, ਜਿਸ ਕਰਕੇ ਮੈਂ ਸਰੀਰਕ ਮੋਹ ਤੋਂ ਖ਼ਲਾਸੀ ਪਾ ਲਈ ਹੈ ।੩।੧।

ਐਸਾ ਨਾਮੁ ਰਤਨੁ ਨਿਰਮੋਲਕੁ ਪੁੰਨਿ ਪਦਾਰਥੁ ਪਾਇਆ ॥ ਅਨਿਕ ਜਤਨ ਕਰਿ ਹਿਰਦੈ ਰਾਖਿਆ ਰਤਨੁ ਨ ਛਪੈ ਛਪਾਇਆ ॥੧॥ ਹਰਿ ਗੁਨ ਕਹਤੇ ਕਹਨੁ ਨ ਜਾਈ ॥ ਜੈਸੇ ਗੂੰਗੇ ਕੀ ਮਿਠਿਆਈ ॥੧॥ ਰਹਾਉ ॥ ਰਸਨਾ ਰਮਤ ਸੁਨਤ ਸੁਖੁ ਸ੍ਰਵਨਾ ਚਿਤ ਚੇਤੇ ਸੁਖੁ ਹੋਈ ॥ ਕਹੁ ਭੀਖਨ ਦੁਇ ਨੈਨ ਸੰਤੋਖੇ ਜਹ ਦੇਖਾਂ ਤਹ ਸੋਈ ॥੨॥੨॥ {ਪੰਨਾ 659}

ਪਦਅਰਥ:- ਨਿਰਮੋਲਕੁ—ਜਿਸ ਦਾ ਮੁੱਲ ਨਹੀਂ ਪੈ ਸਕਦਾ, ਜੋ ਕਿਸੇ ਮੁੱਲ ਨਹੀਂ ਮਿਲ ਸਕਦਾ । ਪੁੰਨਿ—ਪੁੰਨ ਨਾਲ, ਭਾਗਾਂ ਨਾਲ । ਪਾਇਆ—ਪਾਈਦਾ ਹੈ, ਮਿਲਦਾ ਹੈ ।੧।

ਕਹਨੁ ਨ ਜਾਈ—(ਸੁਆਦ) ਦੱਸਿਆ ਨਹੀਂ ਜਾ ਸਕਦਾ ।ਰਹਾਉ।

ਰਸਨਾ—ਜੀਭ । ਰਮਤ—ਜਪਦਿਆਂ । ਸ੍ਰਵਨਾ—ਕੰਨਾਂ ਨੂੰ । ਚੇਤੇ—ਯਾਦ ਕਰਦਿਆਂ । ਹੋਈ—ਹੁੰਦਾ ਹੈ । ਕਹੁ—ਆਖ । ਭੀਖਨ—ਹੇ ਭੀਖਨ! ਸੰਤੋਖੇ—ਸ਼ਾਂਤ ਹੋ ਗਏ ਹਨ, ਠੰਡ ਪੈ ਗਈ ਹੈ । ਦੇਖਾਂ—ਮੈਂ ਵੇਖਦਾ ਹਾਂ । ਤਹ—ਉਧਰ ਹੀ ।੨।

ਅਰਥ:- ਪਰਮਾਤਮਾ ਦਾ ਨਾਮ ਇਕ ਐਸਾ ਅਮੋਲਕ ਪਦਾਰਥ ਹੈ ਜੋ ਭਾਗਾਂ ਨਾਲ ਮਿਲਦਾ ਹੈ । ਇਸ ਰਤਨ ਨੂੰ ਜੇ ਅਨੇਕਾਂ ਜਤਨ ਕਰ ਕੇ ਭੀ ਹਿਰਦੇ ਵਿਚ (ਗੁਪਤ) ਰੱਖਏ, ਤਾਂ ਭੀ ਲੁਕਾਇਆਂ ਇਹ ਲੁਕਦਾ ਨਹੀਂ ।੧।

(ਉਂਵ ਉਹ ਸੁਆਦ) ਦੱਸਿਆ ਨਹੀਂ ਜਾ ਸਕਦਾ (ਜੋ) ਪਰਮਾਤਮਾ ਦੇ ਗੁਣ ਗਾਉਂਦਿਆਂ (ਆਉਂਦਾ ਹੈ), ਜਿਵੇਂ ਗੁੰਗੇ ਮਨੁੱਖ ਦੀ ਖਾਧੀ ਮਠਿਆਈ (ਦਾ ਸੁਆਦ ਕਿਸੇ ਹੋਰ ਨੂੰ ਪਤਾ ਨਹੀਂ ਲੱਗ ਸਕਦਾ, ਗੁੰਗਾ ਦੱਸ ਨਹੀਂ ਸਕਦਾ) ।੧।ਰਹਾਉ।

(ਇਹ ਰਤਨ-ਨਾਮ) ਜਪਦਿਆਂ ਜੀਭ ਨੂੰ ਸੁਖ ਮਿਲਦਾ ਹੈ, ਸੁਣਦਿਆਂ ਕੰਨਾਂ ਨੂੰ ਸੁਖ ਮਿਲਦਾ ਹੈ ਤੇ ਚੇਤਦਿਆਂ ਚਿੱਤ ਨੂੰ ਸੁਖ ਪ੍ਰਾਪਤ ਹੁੰਦਾ ਹੈ । ਹੇ ਭੀਖਨ! (ਤੂੰ ਭੀ) ਆਖ—(ਇਹ ਨਾਮ ਸਿਮਰਦਿਆਂ) ਮੇਰੀਆਂ ਦੋਹਾਂ ਅੱਖਾਂ ਵਿਚ (ਐਸੀ) ਠੰਢ ਪਈ ਹੈ ਕਿ ਮੈਂ ਜਿੱਧਰ ਤੱਕਦਾ ਹਾਂ ਉਸ ਪਰਮਾਤਮਾ ਨੂੰ ਹੀ ਵੇਖਦਾ ਹਾਂ ।੨।੨।

ਨੋਟ:- ਭਗਤ-ਬਾਣੀ ਦੇ ਵਿਰੋਧੀ ਸੱਜਣ ਭਗਤ ਭੀਖਨ ਜੀ ਬਾਰੇ ਇਉਂ ਲਿਖਦੇ ਹਨ "ਦਸਿਆ ਹੈ ਕਿ ਭਗਤ ਭੀਖਨ ਜੀ ਇਬਰਾਹੀਮ ਦੇ ਸ਼ਿਸ਼ ਸਨ, ਪਰ ਇਹ ਖੋਜ ਸੱਚੀ ਸਿਧ ਨਹੀਂ ਹੁੰਦੀ । ਆਮ ਤੌਰ ਪਰ ਇਹਨਾਂ ਦੇ ਦੇਹਾਂਤ ਸੰਮਤ ੧੬੨੫ ਦੇ ਗਿਰਦੇ ਮੰਨੀਦਾ ਹੈ । ਵਾਸਤਵ ਵਿਚ ਭੀਖਨ ਜੀ ਕੋਈ ਬੇ-ਮਲੂਮ ਜਿਹੇ ਭਗਤ ਜਾਪਦੇ ਹਨ । ਭਗਤ-ਮੰਡਲੀ ਵਿਚ ਇਹਨਾਂ ਦੀ ਕੋਈ ਖ਼ਾਸ ਪ੍ਰਸਿੱਧੀ ਸਿਧ ਨਹੀਂ ਹੁੰਦੀ । ਇਸ ਨਾਲੋਂ ਜੱਲਣ, ਕਾਹਨਾ, ਛੱਜੂ ਆਦਿ ਭੀ ਵਧ ਪ੍ਰਸਿੱਧ ਹਨ । ਆਪ ਅਸਲੋਂ ਸੂਫ਼ੀ ਮੁਸਲਮਾਨ ਫ਼ਕੀਰਾਂ ਵਿਚੋਂ ਸਨ । ਆਪ ਜੀ ਨੂੰ ਸੇਖ਼ ਫ਼ਰੀਦ ਜੀ ਨਾਲ ਮਿਲਾ ਦੇਂਦੇ ਹਨ, ਪਰ ਇਹ ਪੁਸ਼ਟੀ ਇਹਨਾਂ ਦੀ ਬਾਣੀ ਤੋਂ ਨਹੀਂ ਹੁੰਦੀ । ਵੈਸੇ ਇਹਨਾਂ ਦੀ ਰਚਨਾ ਹਿੰਦੂ ਬੈਰਾਗੀ ਸਾਧੂਆਂ ਨਾਲ ਮਿਲਦੀ ਹੈ, ਇਸਲਾਮੀ ਸ਼ਰਹ ਦਾ ਇਕ ਲਫ਼ਜ਼ ਭੀ ਨਹੀਂ ਮਿਲਦਾ ਜਾਪਦਾ । ਇਸਲਾਮ ਮਤ ਛੱਡ ਕੇ ਜੀਵ-ਅਹਿੰਸਕ ਸਾਧਾਂ ਨਾਲ ਵਿਚਰਦੇ ਰਹੇ । ਆਪ ਜੀ ਦੇ ਦੋ ਸ਼ਬਦ ਭਗਤ ਬਾਣੀ ਸੰਗ੍ਰਹਿ ਵਿਖੇ ਆਏ ਹਨ, ਜਿਹਾ ਕਿ:

"ਨੈਨਹੁ...........ਮੋਹ ਦੁਆਰਾ ।"—ਸੋਰਠਿ ।

"ਇਸ ਸ਼ਬਦ ਤੋਂ ਸਿੱਧ ਹੁੰਦਾ ਹੈ ਕਿ ਭਗਤ ਜੀ ਬੁਢੇਪੇ ਅਥਵਾ ਮੌਤ ਦੇ ਨੇੜ ਨੂੰ ਵੇਖ ਕੇ ਕਾਫ਼ੀ ਘਾਬਰ ਗਏ ਹਨ । ਉਸ ਵੇਲੇ ਬਨਵਾਰੀ (ਕ੍ਰਿਸ਼ਨ) ਜੀ ਨੂੰ ਯਾਦ ਕਰਦੇ ਹੋਏ ਵਾਸਤੇ ਕੱਢਦੇ ਹਨ । ਪਰ ਗੁਰਮਤਿ ਅੰਦਰ ਮੌਤ ਨੂੰ ਇਕ ਖੇਡ ਸਮਝਿਆ ਗਿਆ ਹੈ ਅਤੇ ਜੰਮਨ ਮਰਨ ਨੂੰ ਸੰਸਾਰੀ ਖੇਡ ਸਮਝ ਕੇ ਕੋਈ ਵੁਕਅਤ ਨਹੀਂ ਦਿੱਤੀ ਜਾਂਦੀ ।......ਖਾਲਸੇ ਦੇ ਸਾਹਮਣੇ ਮੌਤ ਖੇਡ ਅਤੇ ਇਕ ਬਾਜ਼ੀ ਹੈ ।"

ਵਿਰੋਧੀ ਸੱਜਣ ਨੇ ਭੀਖਨ ਜੀ ਬਾਰੇ ਹੇਠ-ਲਿਖੀ ਖੋਜ ਕੀਤੀ ਹੈ:-

(੧) ਭੀਖਨ ਜੀ ਸੂਫ਼ੀ ਮੁਸਲਮਾਨ ਫ਼ਕੀਰਾਂ ਵਿਚੋਂ ਸਨ । ਇਸਲਾਮ ਛੱਡ ਕੇ ਜੀਵ-ਅਹਿੰਸਕ ਸਾਧਾਂ ਨਾਲ ਵਿਚਰਦੇ ਰਹੇ ।

(੨) ਇਹਨਾਂ ਦੀ ਰਚਨਾ ਹਿੰਦੂ ਬੈਰਾਗੀ ਸਾਧੂਆਂ ਨਾਲ ਮਿਲਦੀ ਹੈ ।

(੩) ਬੁਢੇਪੇ ਤੇ ਮੌਤ ਤੋਂ ਘਾਬਰ ਕੇ ਭੀਖਨ ਜੀ ਇਸ ਸ਼ਬਦ ਦੀ ਰਾਹੀਂ ਕ੍ਰਿਸ਼ਨ ਜੀ ਅਗੇ ਵਾਸਤੇ ਕੱਢਦੇ ਹਨ ।

ਆਓ, ਇਸ ਖੋਜ ਨੂੰ ਵਿਚਾਰੀਏ ।

(੧) ਖੋਜ ਨੰ: ੧ ਦੀ ਵਿਰੋਧੀ ਸੱਜਣ ਨੇ ਆਪ ਹੀ ਤਰਦੀਦ ਕਰ ਦਿੱਤੀ ਹੈ ਤੇ ਲਿਖਿਆ ਹੈ ਕਿ ਇਹਨਾਂ ਦੀ ਰਚਨਾ ਵਿਚ 'ਇਸਲਾਮੀ ਸ਼ਰਹ ਦਾ ਇਕ ਲਫ਼ਜ਼ ਭੀ ਨਹੀਂ ਮਿਲਦਾ ਜਾਪਦਾ ।' ਪਰ ਇਹ ਤਰਦੀਦ ਭੀ ਖੁਲ੍ਹ ਕੇ ਨਹੀਂ ਕਰਦੇ, ਅਜੇ ਭੀ ਲਫ਼ਜ਼ "ਮਿਲਦਾ ਜਾਪਦਾ" ਹੀ ਲਿਖਦੇ ਹਨ । ਸਾਰਾ ਸ਼ਬਦ ਸਾਹਮਣੇ ਮੌਜੂਦ ਹੈ । ਕਿਥੇ ਹੈ ਕੋਈ ਲਫ਼ਜ਼ ਇਸਲਾਮੀ ਸ਼ਰਹ ਦਾ? ਫਿਰ ਅਜੇ ਭੀ "ਜਾਪਦਾ" ਕਿਉਂ ਆਖਿਆ ਜਾ ਰਿਹਾ ਹੈ? ਸਿਰਫ਼ ਸੱਚਾਈ ਨੂੰ ਲੁਕਾਣ ਲਈ, ਤੇ ਭਗਤ ਜੀ ਬਾਰੇ ਆਪੇ ਘੜੇ ਹੋਏ ਸ਼ੱਕ ਨੂੰ ਪਾਠਕ ਦੇ ਮਨ ਵਿਚ ਟਿਕਾਈ ਰੱਖਣ ਵਾਸਤੇ ।

ਸਾਰੇ ਹੀ ਸ਼ਬਦ ਵਿਚ ਕਿਤੇ ਇੱਕ ਭੀ ਐਸਾ ਲਫ਼ਜ਼ ਨਹੀਂ, ਜਿਥੋਂ ਇਹ ਕਿਹਾ ਜਾ ਸਕੇ ਕਿ ਭੀਖਨ ਜੀ ਕਿਸੇ ਮੁਸਲਮਾਨੀ ਘਰ ਵਿਚ ਜੰਮੇ ਪਲੇ ਸਨ ।

(੨) ਕੋਈ ਲਫ਼ਜ਼ ਐਸੇ ਨਹੀਂ ਹਨ ਜਿਥੋਂ ਇਹ ਸਾਬਤ ਹੋ ਸਕੇ ਕਿ ਭੀਖਨ ਜੀ ਦੀ ਰਚਨਾ ਹਿੰਦੂ ਬੈਰਾਗੀ ਸਾਧੂਆਂ ਨਾਲ ਮਿਲਦੀ ਹੈ । ਸਾਰੇ ਲਫ਼ਜ਼ ਗਹੁ ਨਾਲ ਵੇਖੋ:

ਨੈਨ, ਨੀਰੁ, ਤਨੁ, ਖੀਨ, ਕੇਸ, ਦੁਧਵਾਨੀ, ਰੂਧਾ, ਕੰਠੁ, ਸਬਦੁ, ਉਚਰੈ, ਪਰਾਨੀ, ਰਾਮਰਾਇ, ਬੈਦੁ ਬਨਵਾਰੀ, ਸੰਤਹ, ਉਬਾਰੀ, ਮਾਥੇ, ਪੀਰ, ਜਲਨਿ, ਕਰਕ, ਕਰੇਜੇ, ਬੇਦਨ, ਅਉਖਧੁ, ਹਰਿ ਕਾ ਨਾਮ, ਅੰਮ੍ਰਿਤ ਜਲੁ, ਨਿਰਮਲ, ਜਗਿ, ਪਰਸਾਦਿ, ਪਾਵਉ, ਮੋਖ ਦੁਆਰਾ ।

ਇਹਨਾਂ ਲਫ਼ਜ਼ਾਂ ਨੂੰ ਵੇਖ ਕੇ ਇਹ ਤਾਂ ਕਹਿ ਸਕਦੇ ਹਾਂ ਕਿ ਭੀਖਨ ਜੀ ਮੁਸਲਮਾਨ ਨਹੀਂ ਹਨ; ਪਰ ਇਹ ਕਿਥੋਂ ਲੱਭ ਲਿਆ ਕਿ ਉਹ ਬੈਰਾਗੀ ਸਾਧੂ ਸਨ? ਗੁਰੂ ਸਾਹਿਬ ਦੀ ਆਪਣੀ ਮੁਖ-ਵਾਕ ਬਾਣੀ ਵਿਚ ਇਹ ਸਾਰੇ ਲਫ਼ਜ਼ ਅਨੇਕਾਂ ਵਾਰੀ ਆਏ ਹਨ । ਪਰ ਕੋਈ ਸਿੱਖ ਇਹ ਨਹੀਂ ਕਹਿ ਸਕਦਾ ਕਿ ਸਤਿਗੁਰੂ ਜੀ ਦੀ ਬਾਣੀ ਹਿੰਦੂ ਬੈਰਾਗੀ ਸਾਧੂਆਂ ਨਾਲ ਮਿਲਦੀ ਹੈ ।

(੩) ਲਫ਼ਜ਼ 'ਬਨਵਾਰੀ' ਦਾ ਅਰਥ ਵਿਰੋਧੀ ਸੱਜਣ ਨੇ ਕ੍ਰਿਸ਼ਨ ਕੀਤਾ ਹੈ । ਪਰ ਬਾਕੀ ਦੇ ਸਾਰੇ ਸ਼ਬਦ ਵਲੋਂ ਅੱਖਾਂ ਨਹੀਂ ਮੀਟੀਆਂ ਜਾ ਸਕਦੀਆਂ । ਲਫ਼ਜ਼ 'ਰਾਮਰਾਇ' ਦਾ ਅਰਥ ਕਿਸੇ ਭੀ ਖਿੱਚ ਘਸੀਟ ਨਾਲ 'ਕ੍ਰਿਸ਼ਨ' ਨਹੀਂ ਕੀਤਾ ਜਾ ਸਕਦਾ । ਉਸ 'ਬਨਵਾਰੀ' ਵਾਸਤੇ ਅਖੀਰ ਤੇ ਲਫ਼ਜ਼ 'ਹਰਿ' ਭੀ ਵਰਤਿਆ ਗਿਆ ਹੈ ।

(੪) ਇਹ ਆਖਣਾ ਕਿ ਭੀਖਨ ਜੀ ਨੇ ਬੁਢੇਪੇ ਮੌਤ ਤੋਂ ਘਾਬਰ ਕੇ ਵਾਸਤੇ ਕੱਢੇ ਹਨ, ਇਹ ਤਾਂ ਮਹਾਪੁਰਖ ਦੀ ਨਿਰਾਦਰੀ ਕੀਤੀ ਗਈ ਹੈ, ਤੇ, ਕਿਸੇ ਭੀ ਗੁਰਸਿੱਖ ਨੂੰ ਇਹ ਗੱਲ ਸੋਭਦੀ ਨਹੀਂ, ਫਿਰ ਇਹ ਤਾਂ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੋਏ ਸ਼ਬਦ ਉਤੇ ਮਖ਼ੌਲ ਉਡਾ ਕੇ ਲੱਖਾਂ ਸ਼ਰਧਾਲੂ ਸਿੱਖਾਂ ਦੇ ਹਿਰਦੇ ਜ਼ਖ਼ਮੀ ਕੀਤੇ ਜਾ ਰਹੇ ਹਨ ।

ਭੀਖਨ ਜੀ ਸ਼ਬਦ ਦੇ ਅਖ਼ੀਰ ਵਿਚ ਆਖਦੇ ਹਨ, "ਗੁਰ ਪਰਸਾਦਿ ਕਹੈ ਜਨੁ ਭੀਖਨੁ, ਪਾਵਉ ਮੋਖ ਦੁਆਰਾ", ਭਾਵ, ਸਤਿਗੁਰੂ ਦੀ ਕਿਰਪਾ ਨਾਲ ਮੈਂ ਮੋਖ ਦਾ ਰਾਹ ਲੱਭ ਲਿਆ ਹੈ । ਉਹ ਕਿਹੜਾ ਰਾਹ ਹੈ? ਇਹ ਭੀ ਭੀਖਨ ਜੀ ਆਪ ਹੀ ਕਹਿੰਦੇ ਹਨ "ਹਰਿ ਕਾ ਨਾਮੁ" । ਤੇ, ਆਖਦੇ ਹਨ ਕਿ ਜਗਤ ਵਿਚ ਇੱਕੋ ਇੱਕ ਇਲਾਜ ਹੈ ਉਸ ਦਾ, ਜਿਸ ਤੋਂ ਖ਼ਲਾਸੀ ਪਾਣ ਦਾ ਰਸਤਾ ਮੈਂ ਗੁਰੂ ਦੀ ਕਿਰਪਾ ਨਾਲ ਲੱਭ ਲਿਆ ਹੈ ।

ਕੀ ਅਜੇ ਇਹ ਗੱਲ ਸਾਫ਼ ਨਹੀਂ ਹੋਈ ਕਿ ਭੀਖਨ ਜੀ ਨੇ ਕਿਸ ਰੋਗ ਤੋਂ ਖ਼ਲਾਸੀ ਪਾਣ ਦਾ ਰਾਹ ਗੁਰੂ ਤੋਂ ਲੱਭਾ ਹੈ? ਤੇ ਮੌਤ ਤਾਂ ਹਰੇਕ ਨੂੰ ਆਪਣੀ ਵਾਰੀ ਸਿਰ ਆਈ ਹੈ । ਸੋ, ਇਥੇ ਮੌਤ ਤੇ ਬੁਢੇਪੇ ਤੋਂ ਕਿਸੇ ਘਬਰਾਹਟ ਦਾ ਜ਼ਿਕਰ ਨਹੀਂ ਹੈ । ਇਸ ਦੀ ਬਾਬਤ ਤਾਂ ਉਹ ਆਪ ਹੀ ਆਖਦੇ ਹਨ ਕਿ "ਵਾ ਕਾ ਅਉਖਧੁ ਨਾਹੀ" ।

ਭੀਖਨ ਜੀ ਸਰੀਰਕ ਮੋਹ ਵਿਚ ਫਸੇ ਜੀਵ ਨੂੰ ਸਮਝਾਂਦੇ ਹਨ—ਹੇ ਭਾਈ! ਬੁਢੇਪੇ ਦੇ ਕਾਰਨ ਹਰੇਕ ਅੰਗ ਵਿਚ ਰੋਗ ਆ ਨਿਕਲਿਆ ਹੈ; ਤੂੰ ਸਰੀਰ ਦੇ ਮੋਹ ਵਿਚ ਫਸ ਕੇ ਕਦ ਤਕ ਜੁੱਤੀ ਗੰਢਾਣ ਵਾਂਗ ਥਾਂ ਥਾਂ ਤੇ ਟਾਕੀਆਂ ਲਾਣ ਵਿਚ ਹੀ ਰੁੱਝਾ ਰਹੇਂਗਾ?

ਅਖ਼ੀਰ ਤੇ ਆਖਦੇ ਹਨ—ਸਰੀਰਕ ਮੋਹ ਦੇ ਰੋਗ ਤੋਂ ਬਚਣ ਲਈ ਇਕੋ ਹੀ ਇਲਾਜ ਹੈ; ਉਹ ਇਹ ਕਿ ਗੁਰੂ ਦੀ ਸ਼ਰਨ ਪੈ ਕੇ ਪ੍ਰਭੂ ਦਾ ਨਾਮ ਸਿਮਰੋ ।

ਵਿਰੋਧੀ ਸੱਜਣ ਜੀ ਨੇ ਭੀਖਨ ਜੀ ਦੇ ਦੂਜੇ ਸ਼ਬਦ ਨੂੰ ਸ਼ਾਇਦ ਪੜ੍ਹਿਆ ਹੀ ਨਹੀਂ । ਜੇ ਉਸ ਨੂੰ ਗਹੁ ਨਾਲ

ਪੜ੍ਹਦੇ ਤਾਂ ਲਫ਼ਜ਼ 'ਬਨਵਾਰੀ' ਦਾ ਅਰਥ ਕ੍ਰਿਸ਼ਨ ਕਰਨ ਦੀ ਲੋੜ ਨਾਹ ਪੈਂਦੀ । ਉਹਨਾਂ ਦਾ 'ਬਨਵਾਰੀ' ਉਹ ਹੈ ਜਿਸ ਨੂੰ ਉਹ "ਜਹ ਦੇਖਾ ਤਹ ਸੋਈ" ਆਖਦੇ ਹਨ ।

ਧਨਾਸਰੀ ਮਹਲਾ ੧ ਘਰੁ ੧ ਚਉਪਦੇ ੧ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਜੀਉ ਡਰਤੁ ਹੈ ਆਪਣਾ ਕੈ ਸਿਉ ਕਰੀ ਪੁਕਾਰ ॥ ਦੂਖ ਵਿਸਾਰਣੁ ਸੇਵਿਆ ਸਦਾ ਸਦਾ ਦਾਤਾਰੁ ॥੧॥ ਸਾਹਿਬੁ ਮੇਰਾ ਨੀਤ ਨਵਾ ਸਦਾ ਸਦਾ ਦਾਤਾਰੁ ॥੧॥ ਰਹਾਉ ॥ ਅਨਦਿਨੁ ਸਾਹਿਬੁ ਸੇਵੀਐ ਅੰਤਿ ਛਡਾਏ ਸੋਇ ॥ ਸੁਣਿ ਸੁਣਿ ਮੇਰੀ ਕਾਮਣੀ ਪਾਰਿ ਉਤਾਰਾ ਹੋਇ ॥੨॥ ਦਇਆਲ ਤੇਰੈ ਨਾਮਿ ਤਰਾ ॥ ਸਦ ਕੁਰਬਾਣੈ ਜਾਉ ॥੧॥ ਰਹਾਉ ॥ ਸਰਬੰ ਸਾਚਾ ਏਕੁ ਹੈ ਦੂਜਾ ਨਾਹੀ ਕੋਇ ॥ ਤਾ ਕੀ ਸੇਵਾ ਸੋ ਕਰੇ ਜਾ ਕਉ ਨਦਰਿ ਕਰੇ ॥੩॥ ਤੁਧੁ ਬਾਝੁ ਪਿਆਰੇ ਕੇਵ ਰਹਾ ॥ ਸਾ ਵਡਿਆਈ ਦੇਹਿ ਜਿਤੁ ਨਾਮਿ ਤੇਰੇ ਲਾਗਿ ਰਹਾਂ ॥ ਦੂਜਾ ਨਾਹੀ ਕੋਇ ਜਿਸੁ ਆਗੈ ਪਿਆਰੇ ਜਾਇ ਕਹਾ ॥੧॥ ਰਹਾਉ ॥ ਸੇਵੀ ਸਾਹਿਬੁ ਆਪਣਾ ਅਵਰੁ ਨ ਜਾਚੰਉ ਕੋਇ ॥ ਨਾਨਕੁ ਤਾ ਕਾ ਦਾਸੁ ਹੈ ਬਿੰਦ ਬਿੰਦ ਚੁਖ ਚੁਖ ਹੋਇ ॥੪॥ ਸਾਹਿਬ ਤੇਰੇ ਨਾਮ ਵਿਟਹੁ ਬਿੰਦ ਬਿੰਦ ਚੁਖ ਚੁਖ ਹੋਇ ॥੧॥ ਰਹਾਉ ॥੪॥੧॥ {ਪੰਨਾ 660}

ਪਦਅਰਥ:- ਜੀਉ—ਜਿੰਦ । ਕੈ ਸਿਉ—ਕਿਸ ਪਾਸ? ਕਰੀ—ਮੈਂ ਕਰਾਂ । ਦੂਖ ਵਿਸਾਰਣੁ—ਦੁੱਖ ਦੂਰ ਕਰਨ ਵਾਲਾ ਪ੍ਰਭੂ । ਸੇਵਿਆ—ਮੈਂ ਸਿਮਰਿਆ ਹੈ ।੧।

ਨੀਤ—ਨਿੱਤ । ਨਵਾ—(ਭਾਵ, ਦਾਤਾਂ ਦੇ ਦੇ ਕੇ ਅੱਕਣ ਵਾਲਾ ਨਹੀਂ) । ਦਾਤਾਰੁ—ਦਾਤਾਂ ਦੇਣ ਵਾਲਾ ।੧।ਰਹਾਉ।

ਅਨਦਿਨੁ—ਹਰ ਰੋਜ਼, ਸਦਾ । ਅੰਤਿ—ਆਖ਼ਰ ਨੂੰ । ਮੇਰੀ ਕਾਮਣੀ—ਹੇ ਮੇਰੀ ਜਿੰਦੇ! ।੨।

ਦਇਆਲ—ਹੇ ਦਇਆ ਦੇ ਘਰ! ਨਾਮਿ—ਨਾਮ ਦੀ ਰਾਹੀਂ । ਤਰਾ—ਤਰ ਸਕਦਾ ਹਾਂ, ਪਾਰ ਲੰਘ ਸਕਦਾ ਹਾਂ ।੧।ਰਹਾਉ।

ਸਰਬੰ—ਹਰ ਥਾਂ । ਸਾਚਾ—ਸਦਾ ਕਾਇਮ ਰਹਿਣ ਵਾਲਾ । ਕਉ—ਨੂੰ । ਨਦਰਿ—ਮੇਹਰ ਦੀ ਨਜ਼ਰ । ਕਰੇਇ—ਕਰਦਾ ਹੈ ।੩।

ਕੇਵ ਰਹਾ—ਕਿਵੇਂ ਰਹਿ ਸਕਦਾ ਹਾਂ? ਮੈਂ ਵਿਆਕੁਲ ਹੋ ਜਾਂਦਾ ਹਾਂ । ਜਿਤੁ—ਜਿਸ ਦੀ ਰਾਹੀਂ । ਜਾਇ—ਜਾ ਕੇ ।੧।ਰਹਾਉ।

ਸੇਵੀ—ਮੈਂ ਸੇਂਵਦਾ ਹਾਂ । ਜਾਚੰਉ—ਮੈਂ ਮੰਗਦਾ ਹਾਂ । ਬਿੰਦ ਬਿੰਦ—ਖਿਨ ਖਿਨ । ਚੁਖ ਚੁਖ—ਟੋਟੇ ਟੋਟੇ, ਕੁਰਬਾਨ ।੪।

ਵਿਟਹੁ—ਤੋਂ । ਸਾਹਿਬ—ਹੇ ਸਾਹਿਬ!

ਅਰਥ:- (ਜਗਤ ਦੁੱਖਾਂ ਦਾ ਸਮੁੰਦਰ ਹੈ, ਇਹਨਾਂ ਦੁੱਖਾਂ ਨੂੰ ਵੇਖ ਕੇ) ਮੇਰੀ ਜਿੰਦ ਕੰਬਦੀ ਹੈ (ਪਰਮਾਤਮਾ ਤੋਂ ਬਿਨਾ ਹੋਰ ਕੋਈ ਬਚਾਣ ਵਾਲਾ ਦਿੱਸਦਾ ਨਹੀਂ) ਜਿਸ ਦੇ ਪਾਸ ਮੈਂ ਮਿੰਨਤਾਂ ਕਰਾਂ । (ਸੋ, ਹੋਰ ਆਸਰੇ ਛੱਡ ਕੇ) ਮੈਂ ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਨੂੰ ਹੀ ਸਿਮਰਦਾ ਹਾਂ, ਉਹ ਸਦਾ ਹੀ ਬਖ਼ਸ਼ਸ਼ਾਂ ਕਰਨ ਵਾਲਾ ਹੈ ।੧।

(ਫਿਰ ਉਹ) ਮੇਰਾ ਮਾਲਿਕ ਸਦਾ ਹੀ ਬਖ਼ਸ਼ਸ਼ਾਂ ਤਾਂ ਕਰਦਾ ਰਹਿੰਦਾ ਹੈ (ਪਰ ਉਹ ਮੇਰੇ ਨਿੱਤ ਦੇ ਤਰਲੇ ਸੁਣ ਕੇ ਕਦੇ ਅੱਕਦਾ ਨਹੀਂ, ਬਖ਼ਸ਼ਸ਼ਾਂ ਵਿਚ) ਨਿੱਤ ਇਉਂ ਹੈ ਜਿਵੇਂ ਪਹਿਲੀ ਵਾਰੀ ਹੀ ਬਖ਼ਸ਼ਸ਼ ਕਰਨ ਲੱਗਾ ਹੈ ।੧।ਰਹਾਉ।

ਹੇ ਮੇਰੀ ਜਿੰਦੇ! ਹਰ ਰੋਜ਼ ਉਸ ਮਾਲਿਕ ਨੂੰ ਯਾਦ ਕਰਨਾ ਚਾਹੀਦਾ ਹੈ (ਦੁੱਖਾਂ ਵਿਚੋਂ) ਆਖ਼ਰ ਉਹੀ ਬਚਾਂਦਾ ਹੈ । ਹੇ ਜਿੰਦੇ! ਧਿਆਨ ਨਾਲ ਸੁਣ (ਉਸ ਮਾਲਿਕ ਦਾ ਆਸਰਾ ਲਿਆਂ ਹੀ ਦੁੱਖਾਂ ਦੇ ਸਮੁੰਦਰ ਵਿਚੋਂ) ਪਾਰ ਲੰਘ ਸਕੀਦਾ ਹੈ ।੨।

ਹੇ ਦਿਆਲ ਪ੍ਰਭੂ! ਮੈਂ ਤੈਥੋਂ ਸਦਾ ਸਦਕੇ ਜਾਂਦਾ ਹਾਂ (ਮੇਹਰ ਕਰ, ਆਪਣਾ ਨਾਮ ਦੇਹ, ਤਾ ਕਿ) ਤੇਰੇ ਨਾਮ ਦੀ ਰਾਹੀਂ ਮੈਂ (ਦੁੱਖਾਂ ਦੇ ਇਸ ਸਮੁੰਦਰ ਵਿਚੋਂ) ਪਾਰ ਲੰਘ ਸਕਾਂ ।੧।ਰਹਾਉ।

ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਸਭ ਥਾਈਂ ਮੌਜੂਦ ਹੈ, ਉਸ ਤੋਂ ਬਿਨਾ ਹੋਰ ਕੋਈ ਨਹੀਂ । ਜਿਸ ਜੀਵ ਉਤੇ ਉਹ ਮੇਹਰ ਦੀ ਨਿਗਾਹ ਕਰਦਾ ਹੈ, ਉਹ ਉਸ ਦਾ ਸਿਮਰਨ ਕਰਦਾ ਹੈ ।੩।

ਹੇ ਪਿਆਰੇ (ਪ੍ਰਭੂ!) ਤੇਰੀ ਯਾਦ ਤੋਂ ਬਿਨਾ ਮੈਂ ਵਿਆਕੁਲ ਹੋ ਜਾਂਦਾ ਹਾਂ । ਮੈਨੂੰ ਕੋਈ ਉਹ ਵੱਡੀ ਦਾਤਿ ਦੇਹ, ਜਿਸ ਦਾ ਸਦਕਾ ਮੈਂ ਤੇਰੇ ਨਾਮ ਵਿਚ ਜੁੜਿਆ ਰਹਾਂ । ਹੇ ਪਿਆਰੇ! ਤੈਥੋਂ ਬਿਨਾ ਹੋਰ ਐਸਾ ਕੋਈ ਨਹੀਂ ਹੈ, ਜਿਸ ਪਾਸ ਜਾ ਕੇ ਮੈਂ ਇਹ ਅਰਜ਼ੋਈ ਕਰ ਸਕਾਂ ।੧।ਰਹਾਉ।

(ਦੁੱਖਾਂ ਦੇ ਇਸ ਸਾਗਰ ਵਿਚੋਂ ਤਰਨ ਲਈ) ਮੈਂ ਆਪਣੇ ਮਾਲਿਕ ਪ੍ਰਭੂ ਨੂੰ ਹੀ ਯਾਦ ਕਰਦਾ ਹਾਂ, ਕਿਸੇ ਹੋਰ ਪਾਸੋਂ ਮੈਂ ਇਹ ਮੰਗ ਨਹੀਂ ਮੰਗਦਾ । ਨਾਨਕ (ਆਪਣੇ) ਉਸ (ਮਾਲਿਕ) ਦਾ ਹੀ ਸੇਵਕ ਹੈ, ਉਸ ਮਾਲਿਕ ਤੋਂ ਹੀ ਖਿਨ ਖਿਨ ਸਦਕੇ ਹੁੰਦਾ ਹੈ ।੪।

ਹੇ ਮੇਰੇ ਮਾਲਿਕ! ਮੈਂ ਤੇਰੇ ਨਾਮ ਤੋਂ ਖਿਨ ਖਿਨ ਕੁਰਬਾਨ ਜਾਂਦਾ ਹਾਂ ।੧।ਰਹਾਉ।

ਧਨਾਸਰੀ ਮਹਲਾ ੧ ॥ ਹਮ ਆਦਮੀ ਹਾਂ ਇਕ ਦਮੀ ਮੁਹਲਤਿ ਮੁਹਤੁ ਨ ਜਾਣਾ ॥ ਨਾਨਕੁ ਬਿਨਵੈ ਤਿਸੈ ਸਰੇਵਹੁ ਜਾ ਕੇ ਜੀਅ ਪਰਾਣਾ ॥੧॥ ਅੰਧੇ ਜੀਵਨਾ ਵੀਚਾਰਿ ਦੇਖਿ ਕੇਤੇ ਕੇ ਦਿਨਾ ॥੧॥ ਰਹਾਉ ॥ ਸਾਸੁ ਮਾਸੁ ਸਭੁ ਜੀਉ ਤੁਮਾਰਾ ਤੂ ਮੈ ਖਰਾ ਪਿਆਰਾ ॥ ਨਾਨਕੁ ਸਾਇਰੁ ਏਵ ਕਹਤੁ ਹੈ ਸਚੇ ਪਰਵਦਗਾਰਾ ॥੨॥ ਜੇ ਤੂ ਕਿਸੈ ਨ ਦੇਹੀ ਮੇਰੇ ਸਾਹਿਬਾ ਕਿਆ ਕੋ ਕਢੈ ਗਹਣਾ ॥ ਨਾਨਕੁ ਬਿਨਵੈ ਸੋ ਕਿਛੁ ਪਾਈਐ ਪੁਰਬਿ ਲਿਖੇ ਕਾ ਲਹਣਾ ॥੩॥ ਨਾਮੁ ਖਸਮ ਕਾ ਚਿਤਿ ਨ ਕੀਆ ਕਪਟੀ ਕਪਟੁ ਕਮਾਣਾ ॥ ਜਮ ਦੁਆਰਿ ਜਾ ਪਕੜਿ ਚਲਾਇਆ ਤਾ ਚਲਦਾ ਪਛੁਤਾਣਾ ॥੪॥ ਜਬ ਲਗੁ ਦੁਨੀਆ ਰਹੀਐ ਨਾਨਕ ਕਿਛੁ ਸੁਣੀਐ ਕਿਛੁ ਕਹੀਐ ॥ ਭਾਲਿ ਰਹੇ ਹਮ ਰਹਣੁ ਨ ਪਾਇਆ ਜੀਵਤਿਆ ਮਰਿ ਰਹੀਐ ॥੫॥੨॥ {ਪੰਨਾ 660}

ਪਦਅਰਥ:- ਹਮ—ਅਸੀ । ਇਕ ਦਮੀ—ਇਕ ਦਮ ਵਾਲੇ । ਦਮ—ਸੁਆਸ, ਸਾਹ । ਮੁਹਲਤਿ—(ਜ਼ਿੰਦਗੀ ਦੀ) ਮਿਆਦ । ਮੁਹਤੁ—(ਮੌਤ ਦਾ) ਸਮਾ । ਨ ਜਾਣਾ—ਅਸੀ ਨਹੀਂ ਜਾਣਦੇ । ਸਰੇਵਹੁ—ਸਿਮਰੋ । ਜੀਅ ਪਰਾਣਾ—ਜਿੰਦ ਤੇ ਪ੍ਰਾਣ ।੧।

ਅੰਧੇ—ਹੇ ਅੰਨ੍ਹੇ ਜੀਵ! ਹੇ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਜੀਵ! ਜੀਵਨਾ ਕੇਤੇ ਕੇ ਦਿਨਾ—ਕਿਤਨੇ ਕੁ ਦਿਨ ਦਾ ਜੀਵਨ? ਥੋੜੇ ਹੀ ਦਿਨਾਂ ਦਾ ਜੀਵਨ ।੧।ਰਹਾਉ।

ਸਾਸੁ—ਸਾਹ, ਸੁਆਸ । ਮਾਸੁ—ਸਰੀਰ । ਜੀਉ—ਜਿੰਦ । ਮੈ—ਮੈਨੂੰ । ਤੂ ਮੈ ਖਰਾ ਪਿਆਰਾ—ਤੂੰ ਮੈਨੂੰ ਬਹੁਤਾ ਪਿਆਰਾ ਲੱਗ, ਹੇ ਪ੍ਰਭੂ! ਤੂੰ ਆਪਣਾ ਪਿਆਰ ਦੇਹ । ਸਾਇਰੁ—ਕਵੀ, ਢਾਢੀ । ਏਵ—ਇਹ ਹੀ ।੨।

ਕਿਆ—ਕੀਹ? ਕੋ—ਕੋਈ ਜੀਵ । ਕਵੈ—ਪੇਸ਼ ਕਰੇ, ਦੇਵੇ । ਗਹਣਾ—ਵੱਟੇ ਵਿਚ ਦੇਣ ਵਾਸਤੇ ਕੋਈ ਚੀਜ਼ । ਸੋ ਕਿਛੁ—ਉਹੀ ਕੁਝ । ਪੁਰਬਿ—ਪਹਿਲੇ ਸਮੇ ਵਿਚ । ਲਹਣਾ—ਮਿਲਣ-ਜੋਗ ਚੀਜ਼ ।੩।

ਚਿਤਿ—ਚਿੱਤ ਵਿਚ । ਕਪਟੁ—ਫਲ ਦੇ ਕੰਮ । ਜਮ ਦੁਆਰਿ—ਜਮ ਦੇ ਦਰ ਤੇ । ਜਾ—ਜਦੋਂ । ਪਕੜਿ—ਪਕੜ ਕੇ । ਚਲਾਇਆ—ਤੋਰਿਆ ਗਿਆ । ਤਾ—ਤਦੋਂ ।੪।

ਨਾਨਕ—ਹੇ ਨਾਨਕ! {ਲਫ਼ਜ਼ 'ਨਾਨਕ' ਅਤੇ 'ਨਾਨਕੁ' ਦਾ ਫ਼ਰਕ ਵੇਖੋ । 'ਨਾਨਕੁ'—ਕਰਤਾ ਕਾਰਕ, ਇਕ-ਵਚਨ । 'ਨਾਨਕ'—ਸੰਬੋਧਨ} । ਕਿਛੁ—(ਪ੍ਰਭੂ ਦੀ) ਕੁਝ (ਸਿਫ਼ਤਿ-ਸਾਲਾਹ) । ਰਹਣੁ—ਸਦਾ ਦਾ ਟਿਕਾਣਾ । ਭਾਲਿ ਰਹੇ—ਢੂੰਢ ਕੇ ਥੱਕ ਗਏ ਹਾਂ । ਮਰਿ—(ਦੁਨੀਆ ਦੀਆਂ ਵਾਸਨਾਂ ਵਲੋਂ) ਮਰ ਕੇ । ਰਹੀਐ—ਇਥੇ ਜ਼ਿੰਦਗੀ ਦੇ ਦਿਨ ਗੁਜ਼ਾਰੀਏ ।੫।

ਅਰਥ:- ਹੇ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਜੀਵ! (ਅੱਖਾਂ ਖੋਲ੍ਹ ਕੇ) ਵੇਖ, ਸੋਚ ਸਮਝ, ਇਥੇ ਜਗਤ ਵਿਚ ਥੋੜੇ ਹੀ ਦਿਨਾਂ ਦੀ ਜ਼ਿੰਦਗੀ ਹੈ ।੧।ਰਹਾਉ।

ਨਾਨਕ ਬੇਨਤੀ ਕਰਦਾ ਹੈ—(ਹੇ ਭਾਈ!) ਅਸੀ ਆਦਮੀ ਇਕ ਦਮ ਦੇ ਹੀ ਮਾਲਕ ਹਾਂ (ਕੀਹ ਪਤਾ ਹੈ ਕਿ ਦਮ ਕਦੋਂ ਮੁੱਕ ਜਾਏ? ਸਾਨੂੰ ਆਪਣੀ ਜ਼ਿੰਦਗੀ ਦੀ) ਮਿਆਦ ਦਾ ਪਤਾ ਨਹੀਂ ਹੈ, ਸਾਨੂੰ ਇਹ ਪਤਾ ਨਹੀਂ ਕਿ ਮੌਤ ਦਾ ਵਕਤ ਕਦੋਂ ਆ ਜਾਣਾ ਹੈ । (ਇਸ ਵਾਸਤੇ) ਉਸ ਪਰਮਾਤਮਾ ਦਾ ਸਿਮਰਨ ਕਰੋ ਜਿਸ ਨੇ ਇਹ ਜਿੰਦ ਤੇ ਸੁਆਸ ਦਿੱਤੇ ਹੋਏ ਹਨ ।੧।

(ਪਰ ਜੀਵਾਂ ਦੇ ਭੀ ਕੀਹ ਵੱਸ? ਹੇ ਪ੍ਰਭੂ!) ਤੇਰਾ ਢਾਢੀ ਨਾਨਕ (ਤੇਰੇ ਦਰ ਤੇ) ਇਹ ਹੀ ਬੇਨਤੀ ਕਰਦਾ ਹੈ—ਹੇ ਸਦਾ ਅਟੱਲ ਰਹਿਣ ਵਾਲੇ ਤੇ ਜੀਵਾਂ ਦੇ ਪਾਲਣ ਵਾਲੇ ਪ੍ਰਭੂ! (ਜਿਵੇਂ) ਇਹ ਸੁਆਸ ਇਹ ਸਰੀਰ ਇਹ ਜਿੰਦ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ (ਤਿਵੇਂ) ਆਪਣਾ ਪਿਆਰ ਭੀ ਤੂੰ ਆਪ ਹੀ ਦੇਹ ।੨।

ਹੇ ਮੇਰੇ ਮਾਲਿਕ! ਜੇ ਤੂੰ ਆਪਣੇ ਪਿਆਰ ਦੀ ਦਾਤਿ ਆਪ ਹੀ ਕਿਸੇ ਜੀਵ ਨੂੰ ਨਾਹ ਦੇਵੇਂ, ਤਾਂ ਜੀਵ ਪਾਸ ਕੋਈ ਐਸ਼ੀ ਸ਼ੈ ਨਹੀਂ ਜੋ ਵੱਟੇ ਵਿਚ ਦੇ ਕੇ ਤੇਰਾ ਪਿਆਰ ਵਿਹਾਝ ਲਏ । ਨਾਨਕ ਬੇਨਤੀ ਕਰਦਾ ਹੈ ਕਿ ਜੀਵ ਨੂੰ ਤਾਂ ਉਹੀ ਕੁਝ ਮਿਲ ਸਕਦਾ ਹੈ ਜੋ ਉਸ ਦੇ ਪੂਰਬਲੇ ਕੀਤੇ ਕਰਮਾਂ ਅਨੁਸਾਰ ਸੰਸਕਾਰ-ਰੂਪ ਲੇਖ (ਉਸ ਦੇ ਮੱਥੇ ਤੇ ਲਿਖਿਆ ਹੋਇਆ) ਹੈ (ਆਪਣੇ ਨਾਮ ਤੇ ਪਿਆਰ ਦੀ ਦਾਤਿ ਤਾਂ ਤੂੰ ਆਪ ਹੀ ਦੇਣੀ ਹੈ) ।੩।

(ਪਿਛਲੇ ਕਰਮਾਂ ਦੇ ਸੰਸਕਾਰਾਂ ਦੇ ਅਸਰ ਹੇਠ) ਛਲੀ ਮਨੁੱਖ ਤਾਂ ਛਲ ਹੀ ਕਮਾਂਦਾ ਰਹਿੰਦਾ ਹੈ, ਤੇ ਖਸਮ-ਪ੍ਰਭੂ ਦਾ ਨਾਮ ਆਪਣੇ ਮਨ ਵਿਚ ਨਹੀਂ ਵਸਾਂਦਾ । (ਸਾਰੀ ਉਮਰ ਇਉਂ ਹੀ ਲੰਘਾ ਕੇ ਅਖ਼ੀਰ ਵੇਲੇ) ਜਦੋਂ ਫੜ ਕੇ ਜਮਰਾਜ ਦੇ ਬੂਹੇ ਵਲ ਧੱਕਿਆ ਜਾਂਦਾ ਹੈ, ਤਾਂ (ਇਥੋਂ) ਤੁਰਨ ਵੇਲੇ ਹੱਥ ਮਲਦਾ ਹੈ ।੪।

ਹੇ ਨਾਨਕ! ਜਦ ਤਕ ਦੁਨੀਆ ਵਿਚ ਜੀਊਣਾ ਹੈ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਨੀ-ਕਰਨੀ ਚਾਹੀਦੀ ਹੈ (ਇਹੀ ਹੈ ਮਨੁੱਖਾ ਜਨਮ ਦਾ ਲਾਭ, ਤੇ ਇਥੇ ਸਦਾ ਨਹੀਂ ਬੈਠ ਰਹਿਣਾ) । ਅਸੀ ਢੂੰਡ ਚੁਕੇ ਹਾਂ, ਕਿਸੇ ਨੂੰ ਸਦਾ ਦਾ ਟਿਕਾਣਾ ਇਥੇ ਨਹੀਂ ਮਿਲਿਆ, ਇਸ ਵਾਸਤੇ ਜਿਤਨਾ ਚਿਰ ਜੀਵਨ-ਅਵਸਰ ਮਿਲਿਆ ਹੈ ਦੁਨੀਆ ਦੀਆਂ ਵਾਸਨਾਂ ਵਲੋਂ ਮਰ ਕੇ ਜ਼ਿੰਦਗੀ ਦੇ ਦਿਨ ਗੁਜ਼ਾਰੀਏ ।੫।੨।

ਧਨਾਸਰੀ ਮਹਲਾ ੧ ਘਰੁ ਦੂਜਾ ੴ ਸਤਿਗੁਰ ਪ੍ਰਸਾਦਿ ॥ ਕਿਉ ਸਿਮਰੀ ਸਿਵਰਿਆ ਨਹੀ ਜਾਇ ॥ ਤਪੈ ਹਿਆਉ ਜੀਅੜਾ ਬਿਲਲਾਇ ॥ ਸਿਰਜਿ ਸਵਾਰੇ ਸਾਚਾ ਸੋਇ ॥ ਤਿਸੁ ਵਿਸਰਿਐ ਚੰਗਾ ਕਿਉ ਹੋਇ ॥੧॥ ਹਿਕਮਤਿ ਹੁਕਮਿ ਨ ਪਾਇਆ ਜਾਇ ॥ ਕਿਉ ਕਰਿ ਸਾਚਿ ਮਿਲਉ ਮੇਰੀ ਮਾਇ ॥੧॥ ਰਹਾਉ ॥ ਵਖਰੁ ਨਾਮੁ ਦੇਖਣ ਕੋਈ ਜਾਇ ॥ ਨਾ ਕੋ ਚਾਖੈ ਨਾ ਕੋ ਖਾਇ ॥ ਲੋਕਿ ਪਤੀਣੈ ਨਾ ਪਤਿ ਹੋਇ ॥ ਤਾ ਪਤਿ ਰਹੈ ਰਾਖੈ ਜਾ ਸੋਇ ॥੨॥ ਜਹ ਦੇਖਾ ਤਹ ਰਹਿਆ ਸਮਾਇ ॥ ਤੁਧੁ ਬਿਨੁ ਦੂਜੀ ਨਾਹੀ ਜਾਇ ॥ ਜੇ ਕੋ ਕਰੇ ਕੀਤੈ ਕਿਆ ਹੋਇ ॥ ਜਿਸ ਨੋ ਬਖਸੇ ਸਾਚਾ ਸੋਇ ॥੩॥ ਹੁਣਿ ਉਠਿ ਚਲਣਾ ਮੁਹਤਿ ਕਿ ਤਾਲਿ ॥ ਕਿਆ ਮੁਹੁ ਦੇਸਾ ਗੁਣ ਨਹੀ ਨਾਲਿ ॥ ਜੈਸੀ ਨਦਰਿ ਕਰੇ ਤੈਸਾ ਹੋਇ ॥ ਵਿਣੁ ਨਦਰੀ ਨਾਨਕ ਨਹੀ ਕੋਇ ॥੪॥੧॥੩॥ {ਪੰਨਾ 661}

ਪਦਅਰਥ:- ਸਿਮਰੀ—ਮੈਂ ਸਿਮਰਾਂ । ਹਿਆਉ—ਹਿਰਦਾ । ਜੀਅੜਾ—ਜਿੰਦ । ਬਿਲਲਾਇ—ਵਿਲਕਦਾ ਹੈ । ਸਿਰਜਿ—ਪੈਦਾ ਕਰ ਕੇ । ਸਵਾਰੇ—ਸਵਾਰਦਾ ਹੈ, ਚੰਗੇ ਜੀਵਨ ਵਾਲਾ ਬਣਾਂਦਾ ਹੈ । ਸਾਚਾ—ਸਦਾ ਕਾਇਮ ਰਹਿਣ ਵਾਲਾ ਅਕਾਲ ਪੁਰਖ । ਤਿਸੁ ਵਿਸਰਿਐ—ਜੇ ਉਸ (ਪ੍ਰਭੂ) ਨੂੰ ਭੁਲਾ ਦੇਈਏ । ਕਿਉ ਹੋਇ—ਨਹੀਂ ਹੋ ਸਕਦਾ ।੧।

ਹਿਕਮਤਿ—ਚਲਾਕੀ । ਹੁਕਮਿ—ਹੁਕਮ ਨਾਲ, ਧੱਕੇ ਨਾਲ, ਕੋਈ ਹੱਕ ਜਤਾਣ ਨਾਲ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਮਿਲਉ—ਮੈਂ ਮਿਲਾਂ । ਮਾਇ—ਹੇ ਮਾਂ! ।੧।ਰਹਾਉ।

ਵਖਰੁ—ਸੌਦਾ । ਕੋਈ—ਕੋਈ ਵਿਰਲਾ । ਲੋਕਿ ਪਤੀਣੈ—ਜੇ ਜਗਤ ਦੀ ਤਸੱਲੀ ਕਰਾ ਦਿੱਤੀ ਜਾਏ । ਪਤਿ—ਇੱਜ਼ਤ । ਸੋਇ—ਉਹ ਪਰਮਾਤਮਾ ਹੀ ।੨।

ਜਹ—ਜਿੱਥੇ । ਦੇਖਾ—ਮੈਂ ਵੇਖਦਾ ਹਾਂ । ਜਾਇ—ਥਾਂ । ਕੀਤੈ—(ਹਿਕਮਤਿ ਆਦਿਕ ਵਾਲਾ ਜਤਨ) ਕੀਤਿਆਂ ।੩।

ਹੁਣਿ—ਝਬਦੇ ਹੀ । ਮੁਹਤਿ—ਮੁਹਤ ਵਿਚ, ਪਲ ਵਿਚ । ਤਾਲਿ—ਤਾਲ (ਦੇਣ ਜਿਤਨੇ ਸਮੇ) ਵਿਚ । ਦੇਸਾ—ਮੈਂ ਦਿਆਂਗਾ । ਵਿਣੁ ਨਦਰੀ—ਮੇਹਰ ਦੀ ਨਜ਼ਰ ਤੋਂ ਬਿਨਾ ।੪।

ਅਰਥ:- ਹੇ ਮੇਰੀ ਮਾਂ! ਕਿਸੇ ਚਲਾਕੀ ਨਾਲ ਜਾਂ ਕੋਈ ਹੱਕ ਜਤਾਣ ਨਾਲ ਪਰਮਾਤਮਾ ਨਹੀਂ ਮਿਲਦਾ । ਹੋਰ ਕਿਹੜਾ ਤਰੀਕਾ ਹੈ ਜਿਸ ਨਾਲ ਮੈਂ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਮਿਲ ਸਕਦਾ ਹਾਂ? ।੧।ਰਹਾਉ।

(ਚਲਾਕੀ ਜਾਂ ਧੱਕੇ ਨਾਲ) ਪਰਮਾਤਮਾ ਦਾ ਸਿਮਰਨ ਨਹੀਂ ਕੀਤਾ ਜਾ ਸਕਦਾ । ਫਿਰ ਮੈਂ ਕਿਵੇਂ ਉਸ ਦਾ ਸਿਮਰਨ ਕਰਾਂ? ਤੇ, ਜੇ ਉਸ ਪ੍ਰਭੂ ਨੂੰ ਭੁਲਾ ਦੇਈਏ, ਤਾਂ ਭੀ ਜੀਵਨ ਚੰਗਾ ਕਦੇ ਨਹੀਂ ਬਣ ਸਕਦਾ, ਦਿਲ ਸੜਦਾ ਰਹਿੰਦਾ ਹੈ, ਜਿੰਦ ਦੁਖੀ ਰਹਿੰਦੀ ਹੈ । (ਕੀਹ ਕੀਤਾ ਜਾਏ?) (ਅਸਲ ਗੱਲ ਇਹ ਹੈ ਕਿ) ਸਦਾ-ਥਿਰ ਰਹਿਣ ਵਾਲਾ ਪ੍ਰਭੂ ਜੀਵਾਂ ਨੂੰ ਪੈਦਾ ਕਰ ਕੇ ਆਪ ਹੀ (ਸਿਮਰਨ ਦੀ ਦਾਤਿ ਦੇ ਕੇ) ਚੰਗੇ ਜੀਵਨ ਵਾਲਾ ਬਣਾਂਦਾ ਹੈ ।੧।

(ਜੇ ਉਸ ਦੀ ਮੇਹਰ ਨ ਹੋਵੇ ਤਾਂ) ਇਸ ਨਾਮ-ਵੱਖਰ ਨੂੰ ਨਾਹ ਕੋਈ ਪਰਖਣ ਲਈ ਜਾਂਦਾ ਹੈ, ਨਾਹ ਕੋਈ ਇਸ ਨੂੰ ਖਾ ਕੇ ਵੇਖਦਾ ਹੈ । (ਚਲਾਕੀਆਂ ਵਰਤ ਕੇ ਜਗਤ ਦੀ ਤਸੱਲੀ ਕਰਾ ਦਿੱਤੀ ਜਾਂਦੀ ਹੈ ਕਿ ਅਸੀ ਨਾਮ-ਵੱਖਰ ਵਿਹਾਝ ਰਹੇ ਹਾਂ) ਪਰ ਨਿਰਾ ਜਗਤ ਦੀ ਤਸੱਲੀ ਕਰਾਇਆਂ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਨਹੀਂ ਮਿਲਦਾ (ਲੋਕ-ਵਿਖਾਵੇ ਵਾਲੀ ਭਗਤੀ ਪਰਵਾਨ ਨਹੀਂ ਹੁੰਦੀ) । ਇੱਜ਼ਤ ਤਦੋਂ ਹੀ ਮਿਲਦੀ ਹੈ ਜੇ ਪ੍ਰਭੂ (ਆਪ ਮੇਹਰ ਕਰ

ਕੇ ਨਾਮ ਦੀ ਦਾਤਿ ਦੇਵੇ ਤੇ) ਇੱਜ਼ਤ ਰੱਖੇ ।੨।

(ਹੇ ਪ੍ਰਭੂ!) ਜਿੱਧਰ ਮੈਂ ਵੇਖਦਾ ਹਾਂ ਉਧਰ ਹੀ ਤੂੰ ਮੌਜੂਦ ਹੈਂ, (ਤੈਨੂੰ ਮਿਲਣ ਵਾਸਤੇ) ਤੈਥੋਂ ਬਿਨਾ ਹੋਰ ਕੋਈ ਆਸਰਾ ਨਹੀਂ ਹੈ ।

ਜੋ ਕੋਈ ਜੀਵ (ਪ੍ਰਭੂ ਨੂੰ ਮਿਲਣ ਵਾਸਤੇ ਹਿਕਮਤਿ ਆਦਿਕ ਵਾਲਾ ਕੋਈ ਜਤਨ) ਕਰੇ, ਤਾਂ ਅਜੇਹੇ ਜਤਨ ਨਾਲ ਕੋਈ ਲਾਭ ਨਹੀਂ ਹੁੰਦਾ । (ਸਿਰਫ਼ ਉਹੀ ਜੀਵ ਪ੍ਰਭੂ ਨੂੰ ਮਿਲ ਸਕਦਾ ਹੈ) ਜਿਸ ਉਤੇ ਉਹ ਸਦਾ-ਥਿਰ ਪ੍ਰਭੂ ਆਪ (ਸਿਮਰਨ ਦੀ) ਬਖ਼ਸ਼ਸ਼ ਕਰੇ ।੩।

(ਇਥੇ ਸਦਾ ਨਹੀਂ ਬੈਠੇ ਰਹਿਣਾ, ਇਥੋਂ) ਝਬਦੇ ਹੀ (ਹਰੇਕ ਜੀਵ ਨੇ ਆਪੋ ਆਪਣੀ ਵਾਰੀ) ਚਲੇ ਜਾਣਾ ਹੈ, ਇਕ ਪਲ ਵਿਚ ਜਾਂ ਇਕ ਤਾਲ ਵਿਚ (ਕਹਿ ਲਵੋ । ਇਥੇ ਪੱਕੇ ਡੇਰੇ ਨਹੀਂ ਹਨ) । (ਫਿਰ, ਇਸ ਸਮੇ ਵਿਚ ਜੇ ਮੈਂ ਲੋਕ-ਵਿਖਾਵਾ ਹੀ ਕਰਦਾ ਰਿਹਾ, ਤਾਂ) ਮੈਂ ਕੀਹ ਮੂੰਹ ਵਿਖਾਵਾਂਗਾ? ਮੇਰੇ ਪੱਲੇ ਗੁਣ ਨਹੀਂ ਹੋਣਗੇ ।

(ਜੀਵ ਦੇ ਭੀ ਕੀਹ ਵੱਸ?) ਪਰਮਾਤਮਾ ਜੇਹੋ ਜੇਹੀ ਨਿਗਾਹ ਕਰਦਾ ਹੈ ਜੀਵ ਉਹੋ ਜੇਹੇ ਜੀਵਨ ਵਾਲਾ ਬਣ ਜਾਂਦਾ ਹੈ । ਹੇ ਨਾਨਕ! ਪ੍ਰਭੂ ਦੀ ਮੇਹਰ ਦੀ ਨਜ਼ਰ ਤੋਂ ਬਿਨਾ ਕੋਈ ਜੀਵ ਪ੍ਰਭੂ ਦੇ ਚਰਨਾਂ ਵਿਚ ਜੁੜ ਨਹੀਂ ਸਕਦਾ ।੪।੧।੩।

ਨੋਟ:- ਅੰਕ ੧ ਦੱਸਦਾ ਹੈ ਕਿ "ਘਰੁ ਦੂਜਾ" ਦੇ ਨਵੇਂ ਸੰਗ੍ਰਹ ਦਾ ਇਹ ਪਹਿਲਾ ਸ਼ਬਦ ਹੈ ।

ਧਨਾਸਰੀ ਮਹਲਾ ੧ ॥ ਨਦਰਿ ਕਰੇ ਤਾ ਸਿਮਰਿਆ ਜਾਇ ॥ ਆਤਮਾ ਦ੍ਰਵੈ ਰਹੈ ਲਿਵ ਲਾਇ ॥ ਆਤਮਾ ਪਰਾਤਮਾ ਏਕੋ ਕਰੈ ॥ ਅੰਤਰ ਕੀ ਦੁਬਿਧਾ ਅੰਤਰਿ ਮਰੈ ॥੧॥ ਗੁਰ ਪਰਸਾਦੀ ਪਾਇਆ ਜਾਇ ॥ ਹਰਿ ਸਿਉ ਚਿਤੁ ਲਾਗੈ ਫਿਰਿ ਕਾਲੁ ਨ ਖਾਇ ॥੧॥ ਰਹਾਉ ॥ ਸਚਿ ਸਿਮਰਿਐ ਹੋਵੈ ਪਰਗਾਸੁ ॥ ਤਾ ਤੇ ਬਿਖਿਆ ਮਹਿ ਰਹੈ ਉਦਾਸੁ ॥ ਸਤਿਗੁਰ ਕੀ ਐਸੀ ਵਡਿਆਈ ॥ ਪੁਤ੍ਰ ਕਲਤ੍ਰ ਵਿਚੇ ਗਤਿ ਪਾਈ ॥੨॥ ਐਸੀ ਸੇਵਕੁ ਸੇਵਾ ਕਰੈ ॥ ਜਿਸ ਕਾ ਜੀਉ ਤਿਸੁ ਆਗੈ ਧਰੈ ॥ ਸਾਹਿਬ ਭਾਵੈ ਸੋ ਪਰਵਾਣੁ ॥ ਸੋ ਸੇਵਕੁ ਦਰਗਹ ਪਾਵੈ ਮਾਣੁ ॥੩॥ ਸਤਿਗੁਰ ਕੀ ਮੂਰਤਿ ਹਿਰਦੈ ਵਸਾਏ ॥ ਜੋ ਇਛੈ ਸੋਈ ਫਲੁ ਪਾਏ ॥ ਸਾਚਾ ਸਾਹਿਬੁ ਕਿਰਪਾ ਕਰੈ ॥ ਸੋ ਸੇਵਕੁ ਜਮ ਤੇ ਕੈਸਾ ਡਰੈ ॥੪॥ ਭਨਤਿ ਨਾਨਕੁ ਕਰੇ ਵੀਚਾਰੁ ॥ ਸਾਚੀ ਬਾਣੀ ਸਿਉ ਧਰੇ ਪਿਆਰੁ ॥ ਤਾ ਕੋ ਪਾਵੈ ਮੋਖ ਦੁਆਰੁ ॥ ਜਪੁ ਤਪੁ ਸਭੁ ਇਹੁ ਸਬਦੁ ਹੈ ਸਾਰੁ ॥੫॥੨॥੪॥ {ਪੰਨਾ 661}

ਪਦਅਰਥ:- ਨਦਰਿ—ਕ੍ਰਿਪਾ-ਦ੍ਰਿਸ਼ਟੀ । ਦ੍ਰਵੈ—ਨਰਮ ਹੋ ਜਾਂਦਾ ਹੈ, ਪੰਘਰਦਾ ਹੈ । ਪਰਾਤਮਾ—ਪਰ ਆਤਮਾ, ਦੂਜਿਆਂ ਦਾ ਆਤਮਾ, ਦੂਜਿਆਂ ਦਾ ਆਪਾ । ਦੁਬਿਧਾ—ਮੇਰ-ਤੇਰ । ਅੰਤਰ ਕੀ—ਅੰਦਰਲੇ ਦੀ । ਅੰਤਰਿ—ਅੰਦਰ ਹੀ {ਲਫ਼ਜ਼ 'ਅੰਦਰ' ਨਾਂਵ ਹੈ, 'ਅੰਤਰਿ' ਕ੍ਰਿਆ ਵਿਸ਼ੇਸ਼ਣ ਹੈ} ।੧।

ਪਦਸਾਦੀ—ਕਿਰਪਾ ਨਾਲ । ਕਾਲੁ—ਮੌਤ, ਮੌਤ ਦਾ ਡਰ ।੧।ਰਹਾਉ।

ਸਚਿ ਸਿਮਰਿਐ—ਜੇ ਸਦਾ-ਥਿਰ ਪ੍ਰਭੂ ਨੂੰ ਸਿਮਰਿਆ ਜਾਏ । ਪਰਗਾਸੁ—ਚਾਨਣ, ਅਸਲੀ ਜੀਵਨ ਦੀ ਸੂਝ । ਤਾ ਤੇ—ਉਸ ('ਪਰਗਾਸ') ਦੀ ਰਾਹੀਂ । ਬਿਖਿਆ—ਮਾਇਆ । ਉਦਾਸੁ—ਨਿਰਲੇਪ । ਕਲਤ੍ਰ—ਇਸਤ੍ਰੀ । ਗਤਿ—ਉੱਚੀ ਆਤਮਕ ਅਵਸਥਾ ।੨।

ਜੀਉ—ਜਿੰਦ । ਜਿਸ ਕਾ—ਜਿਸ ਪ੍ਰਭੂ ਦਾ ਦਿੱਤਾ ਹੋਇਆ {ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} ।੩।

ਸਤਿਗੁਰ ਕੀ ਮੂਰਤਿ—ਗੁਰੂ ਦਾ ਸਰੂਪ, ਗੁਰੂ ਦਾ ਆਤਮਕ ਸਰੂਪ, ਗੁਰੂ ਦੀ ਬਾਣੀ । ਸਾਚਾ—ਸਦਾ-ਥਿਰ ਰਹਿਣ ਵਾਲਾ ।੪।

ਭਨਤਿ—ਆਖਦਾ ਹੈ । ਤਾ—ਤਦੋਂ ਹੀ । ਕੋ—ਕੋਈ (ਮਨੁੱਖ) । ਮੋਹ—ਮੋਹ ਤੋਂ ਖ਼ਲਾਸੀ । ਦੁਆਰੁ—ਦਰਵਾਜ਼ਾ, ਰਸਤਾ । ਸਾਰੁ—ਸ੍ਰੇਸ਼ਟ ।੫।

ਅਰਥ:- ਪਰਮਾਤਮਾ ਦਾ ਸਿਮਰਨ ਗੁਰੂ ਦੀ ਕਿਰਪਾ ਨਾਲ ਹਾਸਲ ਹੁੰਦਾ ਹੈ, ਤੇ, ਜਿਸ ਮਨੁੱਖ ਦਾ ਚਿੱਤ ਪਰਮਾਤਮਾ ਨਾਲ ਪਰਚ ਜਾਂਦਾ ਹੈ ਉਸ ਨੂੰ ਮੁੜ ਮੌਤ ਦਾ ਡਰ ਨਹੀਂ ਪੋਂਹਦਾ ।੧।ਰਹਾਉ।

ਪ੍ਰਭੂ ਆਪ ਹੀ ਮੇਹਰ ਦੀ ਨਜ਼ਰ ਕਰੇ ਤਾਂ (ਗੁਰੂ ਦੀ ਰਾਹੀਂ) ਉਸ ਦਾ ਸਿਮਰਨ ਕੀਤਾ ਜਾ ਸਕਦਾ ਹੈ । (ਜੋ ਮਨੁੱਖ ਸਿਮਰਦਾ ਹੈ ਉਸ ਦਾ) ਆਤਮਾ (ਦੂਜਿਆਂ ਦੇ ਦੁੱਖ ਵੇਖ ਕੇ) ਨਰਮ ਹੁੰਦਾ ਹੈ (ਕਠੋਰਤਾ ਮੁੱਕ ਜਾਣ ਕਰਕੇ) ਉਹ ਪ੍ਰਭੂ ਵਿਚ ਸੁਰਤਿ ਜੋੜੀ ਰੱਖਦਾ ਹੈ । ਉਹ ਮਨੁੱਖ ਆਪਣੇ ਆਪੇ ਤੇ ਦੂਜਿਆਂ ਦੇ ਆਪੇ ਨੂੰ ਇਕੋ ਜਿਹਾ ਸਮਝਦਾ ਹੈ, ਉਸ ਦੇ ਅੰਦਰ ਦੀ ਮੇਰ-ਤੇਰ ਅੰਦਰ ਹੀ ਮਿਟ ਜਾਂਦੀ ਹੈ ।੧।

ਜੇ ਸਦਾ-ਥਿਰ ਪ੍ਰਭੂ ਨੂੰ ਸਿਮਰਿਆ ਜਾਏ ਤਾਂ ਸਹੀ ਜੀਵਨ ਦੀ ਸੂਝ ਪੈ ਜਾਂਦੀ ਹੈ, ਉਸ 'ਪਰਗਾਸ' ਦੀ ਰਾਹੀਂ ਮਾਇਆ ਵਿਚ ਵਰਤਦਾ ਹੋਇਆ ਭੀ ਨਿਰਲੇਪ ਰਹਿੰਦਾ ਹੈ । ਗੁਰੂ ਦੀ ਸਰਨ ਪੈਣ ਵਿਚ ਅਜੇਹੀ ਖ਼ੂਬੀ ਹੈ ਕਿ ਪੁਤ੍ਰ ਇਸਤ੍ਰੀ (ਆਦਿਕ ਪਰਵਾਰ) ਵਿਚ ਹੀ ਰਹਿੰਦਿਆਂ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ ।੨।

ਸੇਵਕ ਉਹ ਹੈ ਜੋ (ਮਾਲਕ ਦੀ) ਇਹੋ ਜਿਹੀ ਸੇਵਾ ਕਰੇ ਕਿ ਜਿਸ ਮਾਲਕ ਦੀ ਦਿੱਤੀ ਹੋਈ ਜਿੰਦ ਹੈ ਉਸੇ ਦੇ ਅੱਗੇ ਇਸ ਨੂੰ ਭੇਟਾ ਦੇ ਦੇਵੇ । ਅਜੇਹਾ ਸੇਵਕ ਮਾਲਕ ਨੂੰ ਪਸੰਦ ਆ ਜਾਂਦਾ ਹੈ, (ਮਾਲਕ ਦੇ ਘਰ ਵਿਚ) ਕਬੂਲ ਪੈ ਜਾਂਦਾ ਹੈ, ਉਸ ਦੀ ਹਜ਼ੂਰੀ ਵਿਚ ਆਦਰ-ਸਤਕਾਰ ਪਾਂਦਾ ਹੈ ।੩।

ਜੇਹੜਾ ਸੇਵਕ ਆਪਣੇ ਸਤਿਗੁਰੂ ਦੇ ਆਤਮਕ-ਸਰੂਪ (ਸ਼ਬਦ) ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ, ਉਹ ਗੁਰੂ ਦੇ ਦਰ ਤੋਂ ਮਨ-ਇੱਛਤ ਫਲ ਹਾਸਲ ਕਰਦਾ ਹੈ, ਸਦਾ-ਥਿਰ ਰਹਿਣ ਵਾਲਾ ਮਾਲਕ-ਪ੍ਰਭੂ ਉਸ ਉਤੇ (ਇਤਨੀ) ਮੇਹਰ ਕਰਦਾ ਹੈ ਕਿ ਉਸ ਨੂੰ ਮੌਤ ਦਾ ਭੀ ਕੋਈ ਡਰ ਨਹੀਂ ਰਹਿ ਜਾਂਦਾ ।੪।

ਨਾਨਕ ਆਖਦਾ ਹੈ—ਜਦੋਂ ਮਨੁੱਖ (ਗੁਰੂ ਦੇ ਸ਼ਬਦ ਦੀ) ਵਿਚਾਰ ਕਰਦਾ ਹੈ, ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਇਸ ਗੁਰ-ਬਾਣੀ ਨਾਲ ਪਿਆਰ ਪਾਂਦਾ ਹੈ, ਤਦੋਂ ਉਹ (ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਦਰਵਾਜ਼ਾ ਲੱਭ ਲੈਂਦਾ ਹੈ । (ਸਿਫ਼ਤਿ-ਸਾਲਾਹ ਵਾਲਾ ਇਹ) ਸ੍ਰੇਸ਼ਟ ਗੁਰ-ਸ਼ਬਦ ਹੀ ਅਸਲ ਜਪ ਹੈ ਅਸਲ ਤਪ ਹੈ ।੫।੨।੪।

ਧਨਾਸਰੀ ਮਹਲਾ ੧ ॥ ਜੀਉ ਤਪਤੁ ਹੈ ਬਾਰੋ ਬਾਰ ॥ ਤਪਿ ਤਪਿ ਖਪੈ ਬਹੁਤੁ ਬੇਕਾਰ ॥ ਜੈ ਤਨਿ ਬਾਣੀ ਵਿਸਰਿ ਜਾਇ ॥ ਜਿਉ ਪਕਾ ਰੋਗੀ ਵਿਲਲਾਇ ॥੧॥ ਬਹੁਤਾ ਬੋਲਣੁ ਝਖਣੁ ਹੋਇ ॥ ਵਿਣੁ ਬੋਲੇ ਜਾਣੈ ਸਭੁ ਸੋਇ ॥੧॥ ਰਹਾਉ ॥ ਜਿਨਿ ਕਨ ਕੀਤੇ ਅਖੀ ਨਾਕੁ ॥ ਜਿਨਿ ਜਿਹਵਾ ਦਿਤੀ ਬੋਲੇ ਤਾਤੁ ॥ ਜਿਨਿ ਮਨੁ ਰਾਖਿਆ ਅਗਨੀ ਪਾਇ ॥ ਵਾਜੈ ਪਵਣੁ ਆਖੈ ਸਭ ਜਾਇ ॥੨॥ ਜੇਤਾ ਮੋਹੁ ਪਰੀਤਿ ਸੁਆਦ ॥ ਸਭਾ ਕਾਲਖ ਦਾਗਾ ਦਾਗ ॥ ਦਾਗ ਦੋਸ ਮੁਹਿ ਚਲਿਆ ਲਾਇ ॥ ਦਰਗਹ

ਬੈਸਣ ਨਾਹੀ ਜਾਇ ॥੩॥ ਕਰਮਿ ਮਿਲੈ ਆਖਣੁ ਤੇਰਾ ਨਾਉ ॥ ਜਿਤੁ ਲਗਿ ਤਰਣਾ ਹੋਰੁ ਨਹੀ ਥਾਉ ॥ ਜੇ ਕੋ ਡੂਬੈ ਫਿਰਿ ਹੋਵੈ ਸਾਰ ॥ ਨਾਨਕ ਸਾਚਾ ਸਰਬ ਦਾਤਾਰ ॥੪॥੩॥੫॥ {ਪੰਨਾ 661-662}

ਪਦਅਰਥ:- ਤਪਤੁ ਹੈ—ਦੁਖੀ ਹੁੰਦਾ ਹੈ । ਬਾਰੋ ਬਾਰ—ਬਾਰ ਬਾਰ, ਮੁੜ ਮੁੜ । ਤਪਿ ਤਪਿ—ਤਪ ਕੇ ਤਪ ਕੇ, ਦੁਖੀ ਹੋ ਹੋ ਕੇ । ਬੇਕਾਰ—ਵਿਕਾਰਾਂ ਵਿਚ । ਜੈ ਤਨਿ—ਜਿਸ ਸਰੀਰ ਵਿਚ । ਵਿਸਰਿ ਜਾਇ—ਭੁੱਲ ਜਾਂਦੀ ਹੈ । ਪਕਾ ਰੋਗੀ—ਕੋੜ੍ਹ ਦੇ ਰੋਗ ਵਾਲਾ ।੧।

ਬਹੁਤਾ ਬੋਲਣੁ—(ਸਹੇੜੇ ਹੋਏ ਦੁੱਖਾਂ ਬਾਰੇ) ਬਹੁਤੇ ਗਿਲੇ । ਝਖਣੁ—ਵਿਅਰਥ ਬਕਵਾਸ । ਸੋਇ—ਉਹ ਪ੍ਰਭੂ ।੧।ਰਹਾਉ।

ਜਿਨਿ—ਜਿਸ (ਪਰਮਾਤਮਾ) ਨੇ । ਤਾਤੁ—ਤੁਰਤ, ਛੇਤੀ ਛੇਤੀ । ਅਗਨੀ ਪਾਇ—(ਸਰੀਰ ਵਿਚ) ਅੱਗ (ਨਿੱਘ) ਪਾ ਕੇ । ਮਨੁ—ਜਿੰਦ । ਪਵਣੁ—ਸੁਆਸ । ਵਾਜੈ—ਵੱਜਦਾ ਹੈ, ਚੱਲਦਾ ਹੈ । ਆਖੈ—(ਜੀਵ) ਬੋਲਦਾ ਹੈ । ਸਭ ਜਾਇ—ਹੋਰ ਥਾਂ ।੨।

ਦਾਗ ਦੋਸ—ਦੋਸਾਂ ਦੇ ਦਾਗ਼ । ਮੁਹਿ—ਮੂੰਹ ਉਤੇ । ਲਾਇ—ਲਾ ਕੇ । ਜਾਇ—ਥਾਂ ।੩।

ਕਰਮਿ—ਮੇਹਰ ਨਾਲ, ਬਖ਼ਸ਼ਸ਼ ਨਾਲ । ਜਿਤੁ ਲਗਿ—ਜਿਸ ਵਿਚ ਲੱਗ ਕੇ । ਕੋ—ਕੋਈ ਜੀਵ । ਸਾਰ—ਸੰਭਾਲ ।੪।

ਅਰਥ:- (ਸਿਫ਼ਤਿ-ਸਾਲਾਹ ਦੀ ਬਾਣੀ ਵਿਸਾਰਿਆਂ) ਜਿੰਦ ਮੁੜ ਮੁੜ ਦੁਖੀ ਹੁੰਦੀ ਹੈ, ਦੁਖੀ ਹੋ ਹੋ ਕੇ (ਫਿਰ ਭੀ) ਹੋਰ ਹੋਰ ਵਿਕਾਰਾਂ ਵਿਚ ਖ਼ੁਆਰ ਹੁੰਦੀ ਹੈ । ਜਿਸ ਸਰੀਰ ਵਿਚ (ਭਾਵ, ਜਿਸ ਮਨੁੱਖ ਨੂੰ) ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਭੁੱਲ ਜਾਂਦੀ ਹੈ, ਉਹ ਸਦਾ ਇਉਂ ਵਿਲਕਦਾ ਹੈ ਜਿਵੇਂ ਕੋੜ੍ਹ ਦੇ ਰੋਗ ਵਾਲਾ ਬੰਦਾ ।੧।

(ਸਿਮਰਨ ਤੋਂ ਖ਼ਾਲੀ ਰਹਿਣ ਕਰ ਕੇ ਸਹੇੜੇ ਹੋਏ ਦੁੱਖਾਂ ਬਾਰੇ ਹੀ) ਬਹੁਤੇ ਗਿਲੇ ਕਰੀ ਜਾਣੇ ਵਿਅਰਥ ਬੋਲ-ਬੁਲਾਰਾ ਹੈ ਕਿਉਂਕਿ ਉਹ ਪਰਮਾਤਮਾ ਸਾਡੇ ਗਿਲੇ ਕਰਨ ਤੋਂ ਬਿਨਾ ਹੀ (ਸਾਡੇ ਰੋਗਾਂ ਦਾ) ਸਾਰਾ ਕਾਰਣ ਜਾਣਦਾ ਹੈ ।੧।ਰਹਾਉ।

(ਦੁੱਖਾਂ ਤੋਂ ਬਚਣ ਵਾਸਤੇ ਉਸ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ) ਜਿਸ ਨੇ ਕੰਨ ਦਿੱਤੇ, ਅੱਖਾਂ ਦਿੱਤੀਆਂ, ਨੱਕ ਦਿੱਤਾ; ਜਿਸ ਨੇ ਜੀਭ ਦਿੱਤੀ ਜੋ ਛੇਤੀ ਛੇਤੀ ਬੋਲਦੀ ਹੈ; ਜਿਸ ਨੇ ਸਾਡੇ ਸਰੀਰ ਵਿਚ ਨਿੱਘ ਪਾ ਕੇ ਜਿੰਦ (ਸਰੀਰ ਵਿਚ) ਟਿਕਾ ਦਿੱਤੀ; (ਜਿਸ ਦੀ ਕਲਾ ਨਾਲ ਸਰੀਰ ਵਿਚ) ਸੁਆਸ ਚੱਲਦਾ ਹੈ ਤੇ ਮਨੁੱਖ ਹਰ ਥਾਂ (ਤੁਰ ਫਿਰ ਕੇ) ਬੋਲ ਚਾਲ ਕਰ ਸਕਦਾ ਹੈ ।੨।

ਜਿਤਨਾ ਭੀ ਮਾਇਆ ਦਾ ਮੋਹ ਹੈ ਦੁਨੀਆ ਦੀ ਪ੍ਰੀਤ ਹੈ ਰਸਾਂ ਦੇ ਸੁਆਦ ਹਨ, ਇਹ ਸਾਰੇ ਮਨ ਵਿਚ ਵਿਕਾਰਾਂ ਦੀ ਕਾਲਖ ਹੀ ਪੈਦਾ ਕਰਦੇ ਹਨ, ਵਿਕਾਰਾਂ ਦੇ ਦਾਗ਼ ਹੀ ਲਾਂਦੇ ਜਾਂਦੇ ਹਨ । (ਸਿਮਰਨ ਤੋਂ ਸੁੰਞਾ ਰਹਿ ਕੇ ਵਿਕਾਰਾਂ ਵਿਚ ਫਸ ਕੇ) ਮਨੁੱਖ ਵਿਕਾਰਾਂ ਦੇ ਦਾਗ਼ ਆਪਣੇ ਮੱਥੇ ਤੇ ਲਾ ਕੇ (ਇਥੋਂ) ਚੱਲ ਪੈਂਦਾ ਹੈ, ਤੇ ਪਰਮਾਤਮਾ ਦੀ ਹਜ਼ੂਰੀ ਵਿਚ ਇਸ ਨੂੰ ਬੈਠਣ ਲਈ ਥਾਂ ਨਹੀਂ ਮਿਲਦੀ ।੩।

(ਪਰ, ਹੇ ਪ੍ਰਭੂ! ਜੀਵ ਦੇ ਭੀ ਕੀਹ ਵੱਸ?) ਤੇਰਾ ਨਾਮ ਸਿਮਰਨ (ਦਾ ਗੁਣ) ਤੇਰੀ ਮੇਹਰ ਨਾਲ ਹੀ ਮਿਲ ਸਕਦਾ ਹੈ, ਤੇਰੇ ਨਾਮ ਵਿਚ ਹੀ ਲੱਗ ਕੇ (ਮੋਹ ਤੇ ਵਿਕਾਰਾਂ ਦੇ ਸਮੁੰਦਰ ਵਿਚੋਂ) ਪਾਰ ਲੰਘ ਸਕੀਦਾ ਹੈ, (ਇਹਨਾਂ ਤੋਂ ਬਚਣ ਲਈ) ਹੋਰ ਕੋਈ ਥਾਂ ਨਹੀਂ ਹੈ ।

ਹੇ ਨਾਨਕ! (ਨਿਰਾਸਤਾ ਦੀ ਲੋੜ ਨਹੀਂ) ਜੇ ਕੋਈ ਮਨੁੱਖ (ਪ੍ਰਭੂ ਨੂੰ ਭੁਲਾ ਕੇ ਵਿਕਾਰਾਂ ਵਿਚ) ਡੁੱਬਦਾ ਭੀ ਹੈ (ਉਹ ਪ੍ਰਭੂ ਇਤਨਾ ਦਿਆਲ ਹੈ ਕਿ) ਫਿਰ ਭੀ ਉਸ ਦੀ ਸੰਭਾਲ ਹੁੰਦੀ ਹੈ । ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ (ਕਿਸੇ ਨੂੰ ਵਿਰਵਾ ਨਹੀਂ ਰੱਖਦਾ) ।੪।੩।੫।

ਧਨਾਸਰੀ ਮਹਲਾ ੧ ॥ ਚੋਰੁ ਸਲਾਹੇ ਚੀਤੁ ਨ ਭੀਜੈ ॥ ਜੇ ਬਦੀ ਕਰੇ ਤਾ ਤਸੂ ਨ ਛੀਜੈ ॥ ਚੋਰ ਕੀ ਹਾਮਾ ਭਰੇ ਨ ਕੋਇ ॥ ਚੋਰੁ ਕੀਆ ਚੰਗਾ ਕਿਉ ਹੋਇ ॥੧॥ ਸੁਣਿ ਮਨ ਅੰਧੇ ਕੁਤੇ ਕੂੜਿਆਰ ॥ ਬਿਨੁ ਬੋਲੇ ਬੂਝੀਐ ਸਚਿਆਰ ॥੧॥ ਰਹਾਉ ॥ ਚੋਰੁ ਸੁਆਲਿਉ ਚੋਰੁ ਸਿਆਣਾ ॥ ਖੋਟੇ ਕਾ ਮੁਲੁ ਏਕੁ ਦੁਗਾਣਾ ॥ ਜੇ ਸਾਥਿ ਰਖੀਐ ਦੀਜੈ ਰਲਾਇ ॥ ਜਾ ਪਰਖੀਐ ਖੋਟਾ ਹੋਇ ਜਾਇ ॥੨॥ ਜੈਸਾ ਕਰੇ ਸੁ ਤੈਸਾ ਪਾਵੈ ॥ ਆਪਿ ਬੀਜਿ ਆਪੇ ਹੀ ਖਾਵੈ ॥ ਜੇ ਵਡਿਆਈਆ ਆਪੇ ਖਾਇ ॥ ਜੇਹੀ ਸੁਰਤਿ ਤੇਹੈ ਰਾਹਿ ਜਾਇ ॥੩॥ ਜੇ ਸਉ ਕੂੜੀਆ ਕੂੜੁ ਕਬਾੜੁ ॥ ਭਾਵੈ ਸਭੁ ਆਖਉ ਸੰਸਾਰੁ ॥ ਤੁਧੁ ਭਾਵੈ ਅਧੀ ਪਰਵਾਣੁ ॥ ਨਾਨਕ ਜਾਣੈ ਜਾਣੁ ਸੁਜਾਣੁ ॥੪॥੪॥੬॥ {ਪੰਨਾ 662}

ਪਦਅਰਥ:- ਸਲਾਹੇ—ਸਿਫ਼ਤ ਕਰੇ, ਖ਼ੁਸ਼ਾਮਦ ਕਰੇ । ਭੀਜੈ—ਭਿੱਜਦਾ, ਪਤੀਜਦਾ । ਬਦੀ—ਬੁਰਿਆਈ, ਨਿੰਦਿਆ । ਤਸੂ—ਰਤਾ ਭੀ । ਛੀਜੈ—ਛਿੱਜਦਾ, ਕਮਜ਼ੋਰ ਹੁੰਦਾ, ਘਾਬਰਦਾ । ਹਾਮਾ—ਹਮਾਇਤ, ਜ਼ਾਮਨੀ {ਹਾਮਾ ਭਰਨੀ—ਜ਼ਾਮਨ ਬਣਨਾ, ਕਿਸੇ ਦੇ ਚੰਗੇ ਹੋਣ ਬਾਰੇ ਤਸੱਲੀ ਭਰਿਆ ਬਚਨ ਆਖਣਾ} । ਕੀਆ—ਕੀਤਾ ਗਿਆ, ਬਣਾਇਆ ਗਿਆ । ਕਿਉ ਹੋਇ—ਨਹੀਂ ਹੋ ਸਕਦਾ ।੧।

ਮਨ—ਹੇ ਮਨ! ਕੁਤੇ—ਕੁੱਤੇ ਵਾਂਗ ਲਾਲਚੀ । ਕੂੜਿਆਰ—ਹੇ ਝੂਠੇ! ਬੂਝੀਐ—ਪਛਾਣਿਆ ਜਾਂਦਾ ਹੈ । ਸਚਿਆਰ—ਸੱਚਾ ਮਨੁੱਖ ।੧।ਰਹਾਉ।

ਸੁਆਲਿਉ—ਸੋਹਣਾ । ਦੁਗਾਣਾ—ਦੋ ਗੰਢੇ ਕੌਡੀਆਂ ਦੇ ।੨।

ਬੀਜਿ—ਬੀਜ ਕੇ । ਆਪੇ—ਆਪ ਹੀ । ਖਾਇ—ਕਸਮਾਂ ਖਾਏ, ਸਹੁੰਆਂ ਚੁੱਕੇ । ਵਡਿਆਈਆ—ਗੁਣ । ਤੇਹੈ ਰਾਹਿ—ਉਹੋ ਜਿਹੇ ਰਾਹ ਤੇ । ਜਾਇ—ਜਾਂਦਾ ਹੈ । ਸੁਰਤਿ—ਭਾਵਨਾ, ਮਨ ਦੀ ਵਾਸਨਾ ।੩।

ਕੂੜੀਆ—ਝੂਠੀਆਂ ਗੱਲਾਂ । ਕੂੜੁ—ਝੂਠ । ਕਬਾੜੁ—ਕੂੜਾ ਕਰਕਟ, ਟੁੱਟਾ-ਭੱਜਾ ਮਾਲ, ਵਿਅਰਥ ਕੰਮ । ਭਾਵੈ ਆਖਉ—ਬੇਸ਼ੱਕ ਪਿਆ ਆਖੇ । ਤੁਧੁ ਭਾਵੈ—ਹੇ ਪ੍ਰਭੂ! ਤੈਨੂੰ ਪਸੰਦ ਆ ਜਾਏ । ਅਧੀ—{ਧੀ-ਅਕਲ} ਅਕਲ-ਹੀਨ ਮਨੁੱਖ, ਸਿੱਧੜ । ਜਾਣੁ—ਜਾਣਨਹਾਰ ਪ੍ਰਭੂ । ਸੁਜਾਣੁ—ਸਿਆਣਾ ।੪।

ਅਰਥ:- ਜੇ ਕੋਈ ਚੋਰ (ਉਸ ਹਾਕਮ ਦੀ ਜਿਸ ਦੇ ਸਾਹਮਣੇ ਉਸ ਦਾ ਮੁਕੱਦਮਾ ਪੇਸ਼ ਹੈ) ਖ਼ੁਸ਼ਾਮਦ ਕਰੇ ਤਾਂ ਉਸ ਨੂੰ (ਇਹ) ਯਕੀਨ ਨਹੀਂ ਬਣ ਸਕਦਾ (ਕਿ ਇਹ ਸੱਚਾ ਹੈ), ਜੇ ਉਹ ਚੋਰ (ਹਾਕਮ ਦੀ) ਬਦ-ਖ਼ੋਈ ਕਰੇ ਤਾਂ ਭੀ ਉਹ ਰਤਾ ਭਰ ਨਹੀਂ ਘਾਬਰਦਾ । ਕੋਈ ਭੀ ਮਨੁੱਖ ਕਿਸੇ ਚੋਰ ਦੇ ਚੰਗੇ ਹੋਣ ਦੀ ਗਵਾਹੀ ਨਹੀਂ ਦੇ ਸਕਦਾ । ਜੇਹੜਾ ਮਨੁੱਖ (ਲੋਕਾਂ ਦੀਆਂ ਨਜ਼ਰਾਂ ਵਿਚ) ਚੋਰ ਮੰਨਿਆ ਗਿਆ, ਉਹ (ਖ਼ੁਸ਼ਾਮਦਾਂ ਜਾਂ ਬਦ-ਖ਼ੋਈਆਂ ਨਾਲ ਹੋਰਨਾਂ ਦੇ ਸਾਹਮਣੇ) ਚੰਗਾ ਨਹੀਂ ਬਣ ਸਕਦਾ ।੧।

ਹੇ ਅੰਨ੍ਹੇ ਲਾਲਚੀ ਤੇ ਝੂਠੇ ਮਨ! (ਧਿਆਨ ਨਾਲ) ਸੁਣ । ਸੱਚਾ ਮਨੁੱਖ ਬਿਨਾ ਬੋਲਿਆਂ ਹੀ ਪਛਾਣਿਆ ਜਾਂਦਾ ਹੈ ।੧।ਰਹਾਉ।

ਚੋਰ ਪਿਆ ਸੋਹਣਾ ਬਣੇ ਚਤੁਰ ਬਣੇ (ਪਰ ਆਖ਼ਰ ਉਹ ਚੋਰ ਹੀ ਹੈ ਉਸ ਦੀ ਕਦਰ ਕੀਮਤ ਨਹੀਂ ਪੈਂਦੀ, ਜਿਵੇਂ)

ਖੋਟੇ ਰੁਪਏ ਦਾ ਮੁੱਲ ਦੋ ਗੰਢੇ ਕੌਡਾਂ ਹੀ ਹੈ । ਜੇ ਖੋਟੇ ਰੁਪਏ ਨੂੰ (ਖਰਿਆਂ ਵਿਚ) ਰੱਖ ਦੇਈਏ, (ਖਰਿਆਂ ਵਿਚ) ਰਲਾ ਦੇਈਏ, ਤਾਂ ਭੀ ਜਦੋਂ ਉਸ ਦੀ ਪਰਖ ਹੁੰਦੀ ਹੈ ਤਦੋਂ ਉਹ ਖੋਟਾ ਹੀ ਕਿਹਾ ਜਾਂਦਾ ਹੈ ।੨।

ਮਨੁੱਖ ਜੈਸਾ ਕੰਮ ਕਰਦਾ ਹੈ ਵੈਸਾ ਹੀ ਉਸ ਦਾ ਫਲ ਪਾਂਦਾ ਹੈ । ਹਰ ਕੋਈ ਆਪ (ਕਰਮਾਂ ਦੇ ਬੀਜ) ਬੀਜ ਕੇ ਆਪ ਹੀ ਫਲ ਖਾਂਦਾ ਹੈ । ਜੇ ਕੋਈ ਮਨੁੱਖ (ਹੋਵੇ ਤਾਂ ਖੋਟਾ, ਪਰ) ਆਪਣੀਆਂ ਵਡਿਆਈਆਂ ਦੀਆਂ ਕਸਮਾਂ ਚੁੱਕੀ ਜਾਏ (ਉਸ ਦਾ ਇਤਬਾਰ ਨਹੀਂ ਬਣ ਸਕਦਾ, ਕਿਉਂਕਿ) ਮਨੁੱਖ ਦੀ ਜਿਹੋ ਜਿਹੀ ਮਨੋ-ਵਾਸਨਾ ਹੈ ਉਹੋ ਜਿਹੇ ਰਸਤੇ ਉਤੇ ਹੀ ਉਹ ਤੁਰਦਾ ਹੈ ।੩।

(ਆਪਣਾ ਇਤਬਾਰ ਜਮਾਣ ਲਈ ਚਲਾਕ ਬਣ ਕੇ) ਭਾਵੇਂ ਸਾਰੇ ਸੰਸਾਰ ਨੂੰ ਝੂਠੀਆਂ ਗੱਲਾਂ ਤੇ ਗੱਪਾਂ ਆਖੀ ਜਾਏ (ਪਰ, ਹੇ ਪ੍ਰਭੂ! ਕੋਈ ਮਨੁੱਖ ਤੈਨੂੰ ਧੋਖਾ ਨਹੀਂ ਦੇ ਸਕਦਾ) । (ਹੇ ਪ੍ਰਭੂ! ਜੇ ਦਿਲ ਦਾ ਖਰਾ ਹੋਵੇ ਤਾਂ) ਇਕ ਸਿੱਧੜ ਮਨੁੱਖ ਭੀ ਤੈਨੂੰ ਪਸੰਦ ਆ ਜਾਂਦਾ ਹੈ, ਤੇਰੇ ਦਰ ਤੇ ਕਬੂਲ ਹੋ ਜਾਂਦਾ ਹੈ ।

ਹੇ ਨਾਨਕ! ਘਟ ਘਟ ਦੀ ਜਾਣਨ ਵਾਲਾ ਸੁਜਾਨ ਪ੍ਰਭੂ (ਸਭ ਕੁਝ) ਜਾਣਦਾ ਹੈ ।੪।੩।੬।

ਧਨਾਸਰੀ ਮਹਲਾ ੧ ॥ ਕਾਇਆ ਕਾਗਦੁ ਮਨੁ ਪਰਵਾਣਾ ॥ ਸਿਰ ਕੇ ਲੇਖ ਨ ਪੜੈ ਇਆਣਾ ॥ ਦਰਗਹ ਘੜੀਅਹਿ ਤੀਨੇ ਲੇਖ ॥ ਖੋਟਾ ਕਾਮਿ ਨ ਆਵੈ ਵੇਖੁ ॥੧॥ ਨਾਨਕ ਜੇ ਵਿਚਿ ਰੁਪਾ ਹੋਇ ॥ ਖਰਾ ਖਰਾ ਆਖੈ ਸਭੁ ਕੋਇ ॥੧॥ ਰਹਾਉ ॥ ਕਾਦੀ ਕੂੜੁ ਬੋਲਿ ਮਲੁ ਖਾਇ ॥ ਬ੍ਰਾਹਮਣੁ ਨਾਵੈ ਜੀਆ ਘਾਇ ॥ ਜੋਗੀ ਜੁਗਤਿ ਨ ਜਾਣੈ ਅੰਧੁ ॥ ਤੀਨੇ ਓਜਾੜੇ ਕਾ ਬੰਧੁ ॥੨॥ ਸੋ ਜੋਗੀ ਜੋ ਜੁਗਤਿ ਪਛਾਣੈ ॥ ਗੁਰ ਪਰਸਾਦੀ ਏਕੋ ਜਾਣੈ ॥ ਕਾਜੀ ਸੋ ਜੋ ਉਲਟੀ ਕਰੈ ॥ ਗੁਰ ਪਰਸਾਦੀ ਜੀਵਤੁ ਮਰੈ ॥ ਸੋ ਬ੍ਰਾਹਮਣੁ ਜੋ ਬ੍ਰਹਮੁ ਬੀਚਾਰੈ ॥ ਆਪਿ ਤਰੈ ਸਗਲੇ ਕੁਲ ਤਾਰੈ ॥੩॥ ਦਾਨਸਬੰਦੁ ਸੋਈ ਦਿਲਿ ਧੋਵੈ ॥ ਮੁਸਲਮਾਣੁ ਸੋਈ ਮਲੁ ਖੋਵੈ ॥ ਪੜਿਆ ਬੂਝੈ ਸੋ ਪਰਵਾਣੁ ॥ ਜਿਸੁ ਸਿਰਿ ਦਰਗਹ ਕਾ ਨੀਸਾਣੁ ॥੪॥੫॥੭॥ {ਪੰਨਾ 662}

ਪਦਅਰਥ:- ਕਾਇਆ—ਸਰੀਰ । ਕਾਗਦੁ—ਕਾਗ਼ਜ਼ । ਪਰਵਾਣਾ—ਪਰਵਾਨਾ, ਲਿਖਿਆ ਹੋਇਆ ਹੁਕਮ । ਇਆਣਾ—ਅੰਞਾਣਾ ਜੀਵ । ਦਰਗਹ—ਦਰਗਾਹੀ ਨਿਯਮ ਅਨੁਸਾਰ । ਘੜੀਅਹਿ—ਘੜੇ ਜਾਂਦੇ ਹਨ, ਉੱਕਰੇ ਜਾਂਦੇ ਹਨ । ਤੀਨੇ ਲੇਖ—(ਰਜੋ ਤਮੋ ਸਤੋ) ਤ੍ਰਿਗੁਣੀ ਕੀਤੇ ਕੰਮਾਂ ਦੇ ਸੰਸਕਾਰ-ਰੂਪ ਲੇਖ । ਕਾਮਿ—ਕੰਮ ਵਿਚ । ਖੋਟਾ—ਖੋਟਾ ਸੰਸਕਾਰ । ਕਾਮਿ ਨ ਆਵੈ—ਲਾਭਦਾਇਕ ਨਹੀਂ ਹੁੰਦਾ ।੧।

ਨਾਨਕ—ਹੇ ਨਾਨਕ! ਵਿਚਿ—ਆਤਮਕ ਜੀਵਨ ਵਿਚ । ਰੁਪਾ—ਚਾਂਦੀ, ਸੁੱਧ ਧਾਤ, ਪਵਿਤ੍ਰਤਾ । ਸਭੁ ਕੋਇ—ਹਰੇਕ ਜੀਵ ।੧।ਰਹਾਉ।

ਕਾਦੀ—ਕਾਜ਼ੀ {ਨੋਟ:- ਅਰਬੀ ਲਫ਼ਜ਼ 'ਕਾਜ਼ੀ' ਦੇ ਦੋ ਉਚਾਰਨ ਹਨ—ਕਾਜ਼ੀ ਅਤੇ ਕਾਦੀ} । ਕੂੜੁ—ਝੂਠ । ਮਲੁ—ਮੈਲ, ਹਰਾਮ ਦਾ ਮਾਲ । ਨਾਵੈ—ਨ੍ਹਾਉਂਦਾ ਹੈ, ਤੀਰਥ-ਇਸ਼ਨਾਨ ਕਰਦਾ ਹੈ । ਜੀਆ ਘਾਇ—ਜੀਵਾਂ ਨੂੰ ਮਾਰ ਕੇ, ਅਨੇਕਾਂ ਬੰਦਿਆਂ ਨੂੰ ਸ਼ੂਦਰ-ਬਹਾਨੇ ਪੈਰਾਂ ਹੇਠ ਲਤਾੜ ਕੇ । ਜੁਗਤਿ—ਜੀਵਨ ਦੀ ਜਾਚ । ਅੰਧੁ—ਅੰਨ੍ਹਾ । ਬੰਧੁ—ਬੰਨਾ । ਓਜਾੜੇ ਕਾ ਬੰਧੁ—ਉਜਾੜੇ ਦਾ ਬੰਨਾ, ਆਤਮਕ ਜੀਵਨ ਵਲੋਂ ਉਜਾੜ ਹੀ ਉਜਾੜ ।੨।

ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ । ਉਲਟੀ ਕਰੈ—ਸੁਰਤਿ ਨੂੰ ਹਰਾਮ ਦੇ ਮਾਲ ਰਿਸ਼ਵਤ ਵਲੋਂ ਪਰਤਾਂਦਾ

ਹੈ । ਜੀਵਤੁ ਮਰੈ—ਦੁਨੀਆ ਵਿਚ ਰਹਿੰਦਾ ਹੋਇਆ ਦੁਨਿਆਵੀ ਖ਼ਾਹਸ਼ਾਂ ਵਲੋਂ ਹਟਦਾ ਹੈ । ਬ੍ਰਹਮੁ—ਪਰਮਾਤਮਾ ।੩।

ਦਾਨਸ—ਅਕਲ, ਦਾਨਸ਼ । ਦਾਨਸਬੰਦੁ—ਦਾਨਸ਼ਮੰਦ, ਅਕਲਮੰਦ । ਦਿਲਿ—ਦਿਲ ਵਿਚ (ਟਿਕੀ ਹੋਈ ਬੁਰਾਈ) । ਮਲੁ—ਵਿਕਾਰਾਂ ਦੀ ਮੈਲ । ਖੋਵੈ—ਨਾਸ ਕਰਦਾ ਹੈ । ਪੜਿਆ—ਵਿਦਵਾਨ । ਬੂਝੈ—ਸਮਝਦਾ ਹੈ । ਜਿਸੁ ਸਿਰਿ—ਜਿਸ ਦੇ ਸਿਰ ਉਤੇ, ਜਿਸ ਦੇ ਮੱਥੇ ਉਤੇ । ਨੀਸਾਣੁ—ਨਿਸ਼ਾਨ, ਟਿੱਕਾ ।੪।

ਅਰਥ:- ਇਹ ਮਨੁੱਖਾ ਸਰੀਰ (ਮਾਨੋ) ਇਕ ਕਾਗ਼ਜ਼ ਹੈ, ਅਤੇ ਮਨੁੱਖ ਦਾ ਮਨ (ਸਰੀਰ-ਕਾਗ਼ਜ਼ ਉਤੇ ਲਿਖਿਆ ਹੋਇਆ) ਦਰਗਾਹੀ ਪਰਵਾਨਾ ਹੈ । ਪਰ ਮੂਰਖ ਮਨੁੱਖ ਆਪਣੇ ਮੱਥੇ ਦੇ ਇਹ ਲੇਖ ਨਹੀਂ ਪੜ੍ਹਦਾ (ਭਾਵ, ਇਹ ਸਮਝਣ ਦਾ ਜਤਨ ਨਹੀਂ ਕਰਦਾ ਕਿ ਉਸ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ ਕਿਹੋ ਜਿਹੇ ਸੰਸਕਾਰ-ਲੇਖ ਉਸ ਦੇ ਮਨ ਵਿਚ ਮੌਜੂਦ ਹਨ ਜੋ ਉਸ ਨੂੰ ਹੁਣ ਹੋਰ ਪ੍ਰੇਰਨਾ ਕਰ ਰਹੇ ਹਨ) । ਮਾਇਆ ਦੇ ਤਿੰਨ ਗੁਣਾਂ ਦੇ ਅਸਰ ਹੇਠ ਰਹਿ ਕੇ ਕੀਤੇ ਹੋਏ ਕੰਮਾਂ ਦੇ ਸੰਸਕਾਰ ਰੱਬੀ ਨਿਯਮ ਅਨੁਸਾਰ ਹਰੇਕ ਮਨੁੱਖ ਦੇ ਮਨ ਵਿਚ ਉੱਕਰੇ ਜਾਂਦੇ ਹਨ । ਪਰ ਹੇ ਭਾਈ! ਵੇਖ (ਜਿਵੇਂ ਕੋਈ ਖੋਟਾ ਸਿੱਕਾ ਕੰਮ ਨਹੀਂ ਆਉਂਦਾ, ਤਿਵੇਂ ਖੋਟੇ ਕੀਤੇ ਕੰਮਾਂ ਦਾ) ਖੋਟਾ ਸੰਸਕਾਰ-ਲੇਖ ਭੀ ਕੰਮ ਨਹੀਂ ਆਉਂਦਾ ।੧।

ਹੇ ਨਾਨਕ! ਜੇ ਰੁਪਏ ਆਦਿਕ ਸਿੱਕੇ ਵਿਚ ਚਾਂਦੀ ਹੋਵੇ ਤਾਂ ਹਰ ਕੋਈ ਉਸ ਨੂੰ ਖਰਾ ਸਿੱਕਾ ਆਖਦਾ ਹੈ (ਇਸੇ ਤਰ੍ਹਾਂ ਜਿਸ ਮਨ ਵਿਚ ਪਵਿਤ੍ਰਤਾ ਹੋਵੇ, ਉਸ ਨੂੰ ਖਰਾ ਆਖਿਆ ਜਾਂਦਾ ਹੈ) ।੧।ਰਹਾਉ।

ਕਾਜ਼ੀ (ਜੇ ਇਕ ਪਾਸੇ ਤਾਂ ਇਸਲਾਮੀ ਧਰਮ ਦਾ ਨੇਤਾ ਹੈ ਤੇ ਦੂਜੇ ਪਾਸੇ ਹਾਕਮ ਭੀ ਹੈ, ਰਿਸ਼ਵਤ ਦੀ ਖ਼ਾਤਰ ਸ਼ਰਈ ਕਾਨੂੰਨ ਬਾਰੇ) ਝੂਠ ਬੋਲ ਕੇ ਹਰਾਮ ਦਾ ਮਾਲ (ਰਿਸ਼ਵਤ) ਖਾਂਦਾ ਹੈ । ਬ੍ਰਾਹਮਣਾਂ (ਕ੍ਰੋੜਾਂ ਸ਼ੂਦਰ-ਅਖਵਾਂਦੇ) ਬੰਦਿਆਂ ਨੂੰ ਦੁਖੀ ਕਰ ਕਰ ਕੇ ਤੀਰਥ-ਇਸ਼ਨਾਨ (ਭੀ) ਕਰਦਾ ਹੈ । ਜੋਗੀ ਭੀ ਅੰਨ੍ਹਾ ਹੈ ਤੇ ਜੀਵਨ ਦੀ ਜਾਚ ਨਹੀਂ ਜਾਣਦਾ । (ਇਹ ਤਿੰਨੇ ਆਪਣੇ ਵਲੋਂ ਧਰਮ-ਨੇਤਾ ਹਨ, ਪਰ) ਇਹਨਾਂ ਤਿੰਨਾਂ ਦੇ ਹੀ ਅੰਦਰ ਆਤਮਕ ਜੀਵਨ ਵਲੋਂ ਸੁੰਞ ਹੀ ਸੁੰਞ ਹੈ ।੨।

ਅਸਲ ਜੋਗੀ ਉਹ ਹੈ ਜੋ ਜੀਵਨ ਦੀ ਸਹੀ ਜਾਚ ਸਮਝਦਾ ਹੈ ਤੇ ਗੁਰੂ ਦੀ ਕਿਰਪਾ ਨਾਲ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ । ਕਾਜ਼ੀ ਉਹ ਹੈ ਜੋ ਸੁਰਤਿ ਨੂੰ ਹਰਾਮ ਦੇ ਮਾਲ ਵਲੋਂ ਮੋੜਦਾ ਹੈ ਜੋ ਗੁਰੂ ਦੀ ਕਿਰਪਾ ਨਾਲ ਦੁਨੀਆ ਵਿਚ ਰਹਿੰਦਾ ਹੋਇਆ ਦੁਨਿਆਵੀ ਖ਼ਾਹਸ਼ਾਂ ਵਲੋਂ ਪਰਤਦਾ ਹੈ । ਬ੍ਰਾਹਮਣ ਉਹ ਹੈ ਜੋ ਸਰਬ-ਵਿਆਪਕ ਪ੍ਰਭੂ ਵਿਚ ਸੁਰਤਿ ਜੋੜਦਾ ਹੈ, ਇਸ ਤਰ੍ਹਾਂ ਆਪ ਭੀ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਦਾ ਹੈ ਤੇ ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਲੰਘਾ ਲੈਂਦਾ ਹੈ ।੩।

ਉਹੀ ਮਨੁੱਖ ਅਕਲਮੰਦ ਹੈ ਜੋ ਆਪਣੇ ਦਿਲ ਵਿਚ ਟਿਕੀ ਹੋਈ ਬੁਰਾਈ ਨੂੰ ਦੂਰ ਕਰਦਾ ਹੈ । ਉਹੀ ਮੁਸਲਮਾਨ ਹੈ ਜੋ ਮਨ ਵਿਚੋਂ ਵਿਕਾਰਾਂ ਦੀ ਮੈਲ ਦੀ ਨਾਸ ਕਰਦਾ ਹੈ । ਉਹੀ ਵਿਦਵਾਨ ਹੈ ਜੋ ਜੀਵਨ ਦਾ ਸਹੀ ਰਸਤਾ ਸਮਝਦਾ ਹੈ, ਉਸ ਦੇ ਮੱਥੇ ਉਤੇ ਦਰਗਾਹ ਦਾ ਟਿੱਕਾ ਲੱਗਦਾ ਹੈ ਉਹੀ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਹੁੰਦਾ ਹੈ ।੪।

ਧਨਾਸਰੀ ਮਹਲਾ ੧ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਕਾਲੁ ਨਾਹੀ ਜੋਗੁ ਨਾਹੀ ਨਾਹੀ ਸਤ ਕਾ ਢਬੁ ॥ ਥਾਨਸਟ ਜਗ ਭਰਿਸਟ ਹੋਏ ਡੂਬਤਾ ਇਵ ਜਗੁ ॥੧॥ ਕਲ ਮਹਿ ਰਾਮ ਨਾਮੁ ਸਾਰੁ ॥ ਅਖੀ ਤ ਮੀਟਹਿ ਨਾਕ ਪਕੜਹਿ ਠਗਣ ਕਉ ਸੰਸਾਰੁ ॥੧॥ ਰਹਾਉ ॥ ਆਂਟ ਸੇਤੀ ਨਾਕੁ ਪਕੜਹਿ

ਸੂਝਤੇ ਤਿਨਿ ਲੋਅ ॥ ਮਗਰ ਪਾਛੈ ਕਛੁ ਨ ਸੂਝੈ ਏਹੁ ਪਦਮੁ ਅਲੋਅ ॥੨॥ ਖਤ੍ਰੀਆ ਤ ਧਰਮੁ ਛੋਡਿਆ ਮਲੇਛ ਭਾਖਿਆ ਗਹੀ ॥ ਸ੍ਰਿਸਟਿ ਸਭ ਇਕ ਵਰਨ ਹੋਈ ਧਰਮ ਕੀ ਗਤਿ ਰਹੀ ॥੩॥ ਅਸਟ ਸਾਜ ਸਾਜਿ ਪੁਰਾਣ ਸੋਧਹਿ ਕਰਹਿ ਬੇਦ ਅਭਿਆਸੁ ॥ ਬਿਨੁ ਨਾਮ ਹਰਿ ਕੇ ਮੁਕਤਿ ਨਾਹੀ ਕਹੈ ਨਾਨਕੁ ਦਾਸੁ ॥੪॥੧॥੬॥੮॥ {ਪੰਨਾ 662-663}

ਪਦਅਰਥ:- ਕਾਲੁ—ਸਮਾ, ਮਨੁੱਖਾ ਜਨਮ ਦਾ ਸਮਾ । ਜੋਗੁ—ਮਿਲਾਪ, ਪਰਮਾਤਮਾ ਦਾ ਮਿਲਾਪ । ਸਤ—ਉੱਚਾ ਆਚਰਨ । ਢਬੁ—ਤਰੀਕਾ । ਥਾਨਸਟ—ਸ੍ਰੇਸ਼ਟ ਥਾਂ, ਪਵਿਤ੍ਰ ਹਿਰਦੇ । ਜਗ—ਜਗਤ ਦੇ । ਭਰਿਸਟ—ਗੰਦੇ । ਇਵ—ਇਸ ਤਰ੍ਹਾਂ, ਇਹਨਾਂ ਵਿਖਾਵੇ ਦੀਆਂ ਸਮਾਧੀਆਂ ਨਾਲ ।੧।

ਕਲ ਮਹਿ—ਸੰਸਾਰ ਵਿਚ {ਨੋਟ:- ਗੁਰਮਤਿ ਅਨੁਸਾਰ ਕਿਸੇ ਖ਼ਾਸ ਜੁਗ ਨੂੰ ਕੋਈ ਪ੍ਰਭਤਾ ਵਡਿਆਈ ਨਹੀਂ ਹੈ} । ਸਾਰੁ—ਸ੍ਰੇਸ਼ਟ । ਤ—ਤਾਂ । ਮੀਟਹਿ—ਮੀਟਦੇ ਹਨ । ਕਉ—ਵਾਸਤੇ ।੧।ਰਹਾਉ।

ਆਂਟ—ਅੰਗੂਠਾ ਤੇ ਨਾਲ ਦੀਆਂ ਦੋ ਉਂਗਲਾਂ । ਸੇਤੀ—ਨਾਲ । ਤਿਨਿ—ਤਿੰਨ । ਲੋਅ—ਲੋਕ । ਮਗਰ—ਪਿੱਠ । ਪਦਮੁ—ਪਦਮ ਆਸਨ (ਚੌਕੜੀ ਮਾਰ ਕੇ ਖੱਬਾ ਪੈਰ ਸੱਜੇ ਪੱਟ ਉੱਤੇ ਅਤੇ ਸੱਜਾ ਪੈਰ ਖੱਬੇ ਪੱਟ ਉੱਤੇ ਰੱਖ ਕੇ ਬੈਠਣਾ) । ਅਲੋਅ—{ਅ-ਲੋਅ} ਜੋ ਕਦੇ ਵੇਖਿਆ ਨ ਹੋਵੇ, ਅਚਰਜ ।੨।

ਭਾਖਿਆ—ਬੋਲੀ । ਮਲੇਛ ਭਾਖਿਆ—ਉਹਨਾਂ ਦੀ ਬੋਲੀ ਜਿਨ੍ਹਾਂ ਨੂੰ ਇਹ ਆਪ ਮਲੇਛ ਆਖਦੇ ਹਨ । ਗਹੀ—ਗ੍ਰਹਣ ਕੀਤੀ । ਇਕ ਵਰਨ—ਇਕੋ ਵਰਨ ਦੀ, ਇਕੋ ਕਿਸਮ ਦੀ, ਅਧਰਮੀ ਹੀ ਅਧਰਮੀ । ਗਤਿ—ਮਰਯਾਦਾ ।੩।

ਅਸਟ—ਅੱਠ । ਅਸਟ ਸਾਜ—ਅਸ਼ਟਾਧਿਆਈ ਆਦਿਕ ਵਿਆਕਰਨਿਕ ਗ੍ਰੰਥ । ਸਾਜਿ—ਰਚ ਕੇ । ਸੋਧਹਿ—ਵਿਚਾਰਦੇ ਹਨ । ਮੁਕਤਿ—ਵਿਕਾਰਾਂ ਤੋਂ ਆਜ਼ਾਦੀ ।੪।

ਅਰਥ:- ਜਗਤ ਵਿਚ ਪਰਮਾਤਮਾ ਦਾ ਨਾਮ (ਸਿਮਰਨਾ ਹੋਰ ਸਾਰੇ ਕੰਮਾਂ ਨਾਲੋਂ) ਸ੍ਰੇਸ਼ਟ ਹੈ । (ਜੇਹੜੇ ਇਹ ਲੋਕ) ਅੱਖਾਂ ਤਾਂ ਮੀਟਦੇ ਹਨ, ਨੱਕ ਭੀ ਫੜਦੇ ਹਨ (ਇਹ) ਜਗਤ ਨੂੰ ਠੱਗਣ ਵਾਸਤੇ (ਕਰਦੇ ਹਨ, ਇਹ ਭਗਤੀ ਨਹੀਂ, ਇਹ ਸ੍ਰੇਸ਼ਟ ਧਾਰਮਿਕ ਕੰਮ ਨਹੀਂ) ।੧।

ਇਹ (ਮਨੁੱਖਾ ਜਨਮ ਦਾ) ਸਮਾ (ਅੱਖਾਂ ਮੀਟਣ ਤੇ ਨੱਕ ਫੜਨ ਵਾਸਤੇ) ਨਹੀਂ ਹੈ, (ਇਹਨਾਂ ਢਬਾਂ ਨਾਲ) ਪਰਮਾਤਮਾ ਦਾ ਮੇਲ ਨਹੀਂ ਹੁੰਦਾ, ਨਾਹ ਹੀ ਉੱਚੇ ਆਚਰਨ ਦਾ ਤਰੀਕਾ ਹੈ । (ਇਹਨਾਂ ਤਰੀਕਿਆਂ ਦੀ ਰਾਹੀਂ) ਜਗਤ ਦੇ (ਅਨੇਕਾਂ) ਪਵਿਤ੍ਰ ਹਿਰਦੇ (ਭੀ) ਗੰਦੇ ਹੋ ਜਾਂਦੇ ਹਨ, ਇਸ ਤਰ੍ਹਾਂ ਜਗਤ (ਵਿਕਾਰਾਂ ਵਿਚ) ਡੁੱਬਣ ਲੱਗ ਪੈਂਦਾ ਹੈ ।੧।

ਹੱਥ ਦੇ ਅੰਗੂਠੇ ਤੇ ਨਾਲ ਦੀਆਂ ਦੋ ਉਂਗਲਾਂ ਨਾਲ ਇਹ (ਆਪਣਾ) ਨੱਕ ਫੜਦੇ ਹਨ (ਸਮਾਧੀ ਦੀ ਸ਼ਕਲ ਵਿਚ ਬੈਠ ਕੇ ਮੂੰਹੋਂ ਆਖਦੇ ਹਨ ਕਿ) ਤਿੰਨੇ ਹੀ ਲੋਕ ਦਿੱਸ ਰਹੇ ਹਨ, ਪਰ ਆਪਣੀ ਹੀ ਪਿੱਠ ਪਿਛੇ ਪਈ ਕੋਈ ਚੀਜ਼ ਨਹੀਂ ਦਿੱਸਦੀ । ਇਹ ਅਸਚਰਜ ਪਦਮ ਆਸਨ ਹੈ ।੨।

(ਆਪਣੇ ਆਪ ਨੂੰ ਹਿੰਦੂ ਧਰਮ ਦੇ ਰਾਖੇ ਸਮਝਣ ਵਾਲੇ) ਖਤ੍ਰੀਆਂ ਨੇ (ਆਪਣਾ ਇਹ) ਧਰਮ ਛੱਡ ਦਿੱਤਾ ਹੈ, ਜਿਨ੍ਹਾਂ ਨੂੰ ਇਹ ਮੂੰਹੋਂ ਮਲੇਛ ਕਹਿ ਰਹੇ ਹਨ (ਰੋਜ਼ੀ ਦੀ ਖ਼ਾਤਰ) ਉਹਨਾਂ ਦੀ ਬੋਲੀ ਗ੍ਰਹਣ ਕਰ ਚੁਕੇ ਹਨ, (ਇਹਨਾਂ ਦੇ) ਧਰਮ ਦੀ ਮਰਯਾਦਾ ਮੁੱਕ ਚੁੱਕੀ ਹੈ, ਸਾਰੀ ਸ੍ਰਿਸ਼ਟੀ ਇਕੋ ਵਰਨ ਦੀ ਹੋ ਗਈ ਹੈ (ਇਕੋ ਅਧਰਮ ਹੀ ਅਧਰਮ ਪ੍ਰਧਾਨ ਹੋ ਗਿਆ ਹੈ) ।੩।

(ਬ੍ਰਾਹਮਣ ਲੋਕ) ਅਸ਼ਟਾਧਿਆਈ ਆਦਿਕ ਗ੍ਰੰਥ ਰਚ ਕੇ (ਉਹਨਾਂ ਅਨੁਸਾਰ) ਪੁਰਾਣਾਂ ਨੂੰ ਵਿਚਾਰਦੇ ਹਨ ਤੇ ਵੇਦਾਂ ਦਾ ਅਭਿਆਸ ਕਰਦੇ ਹਨ (ਬੱਸ! ਇਤਨੇ ਨੂੰ ਸ੍ਰੇਸ਼ਟ ਧਰਮ ਕਰਮ ਮੰਨੀ ਬੈਠੇ ਹਨ) । ਪਰ ਦਾਸ ਨਾਨਕ ਆਖਦਾ ਹੈ ਕਿ ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ (ਵਿਕਾਰਾਂ ਤੋਂ) ਖ਼ਲਾਸੀ ਨਹੀਂ ਹੋ ਸਕਦੀ (ਇਸ ਵਾਸਤੇ ਸਿਮਰਨ ਹੀ ਸਭ ਤੋਂ ਸ੍ਰੇਸ਼ਟ ਧਰਮ-ਕਰਮ ਹੈ) ।੪।੧।੬।੮।

ਨੋਟ:- ਅਖ਼ੀਰਲੇ ਅੰਕਾਂ ਨੂੰ ਗਹੁ ਨਾਲ ਵੇਖੋ । ਅੰਕ ੪ ਦੱਸਦਾ ਹੈ ਕਿ ਸ਼ਬਦ ਦੇ ੪ ਬੰਦ ਹਨ । ਅਗਲਾ ਅੰਕ ੧ ਦੱਸਦਾ ਹੈ ਕਿ "ਘਰੁ ੩" ਦਾ ਇਹ ਪਹਿਲਾ ਸ਼ਬਦ ਹੈ । "ਘਰ ੨" ਦੇ ੫ ਸ਼ਬਦ ਹਨ । 'ਘਰੁ ੩' ਦਾ ੧ ਸ਼ਬਦ ਹੈ । ਅੰਕ ੬ ਦੱਸਦਾ ਹੈ ਕਿ 'ਘਰੁ ੨' ਅਤੇ 'ਘਰੁ ੩' ਦੇ ਸ਼ਬਦਾਂ ਦਾ ਜੋੜ ੬ ਹੈ । ਧਨਾਸਰੀ ਰਾਗ ਵਿਚ ਗੁਰੂ ਨਾਨਕ ਜੀ ਦੇ ਹੁਣ ਤਕ ੮ ਸ਼ਬਦ ਆ ਚੁਕੇ ਹਨ ।

ਧਨਾਸਰੀ ਮਹਲਾ ੧ ਆਰਤੀ ੴ ਸਤਿਗੁਰ ਪ੍ਰਸਾਦਿ ॥ ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥ ਕੈਸੀ ਆਰਤੀ ਹੋਇ ਭਵ ਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥ ਸਹਸ ਤਵ ਨੈਨ ਨਨ ਨੈਨ ਹੈ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਕੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥ ਹਰਿ ਚਰਣ ਕਮਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਮਿ ਵਾਸਾ ॥੪॥੧॥੭॥੯॥ {ਪੰਨਾ 663}

ਨੋਟ:- ਆਰਤੀ—{Awriq:, AwrwiÙkw} ਦੇਵਤੇ ਦੀ ਮੂਰਤੀ ਜਾਂ ਕਿਸੇ ਪੂਜਯ ਅੱਗੇ ਦੀਵੇ ਘੁਮਾ ਕੇ ਪੂਜਨ ਕਰਨਾ । ਹਿੰਦੂ ਮਤ ਅਨੁਸਾਰ ਚਾਰ ਵਾਰੀ ਚਰਨਾਂ ਅੱਗੇ, ਦੋ ਵਾਰੀ ਨਾਭੀ ਤੇ, ਇਕ ਵਾਰੀ ਮੂੰਹ ਉਤੇ ਅਤੇ ਸੱਤ ਵਾਰੀ ਸਾਰੇ ਸਰੀਰ ਉਤੇ ਦੀਵੇ ਘੁਮਾਣੇ ਚਾਹੀਦੇ ਹਨ । ਦੀਵੇ ਇਕ ਤੋਂ ਲੈ ਕੇ ਸੌ ਤਕ ਹੁੰਦੇ ਹਨ । ਗੁਰੂ ਨਾਨਕ ਦੇਵ ਜੀ ਨੇ ਇਸ ਆਰਤੀ ਦਾ ਨਿਖੇਧ ਕਰ ਕੇ ਕਰਤਾਰ ਦੀ ਕੁਦਰਤੀ ਆਰਤੀ ਆਰਤੀ ਦੀ ਵਡਿਆਈ ਕੀਤੀ ਹੈ ।

ਪਦਅਰਥ:- ਗਗਨ—ਆਕਾਸ਼ । ਗਗਨ ਮੈ—ਗਗਨ ਮਯ, ਆਕਾਸ਼-ਰੂਪ, ਸਾਰਾ ਆਕਾਸ਼ । ਰਵਿ—ਸੂਰਜ । ਦੀਪਕ—ਦੀਵੇ । ਜਨਕ—ਜਾਣੋ, ਮਾਨੋ, ਜਿਵੇਂ । ਮਲਆਨਲੋ—{ਮਲਯ—ਅਨਲੋ} ਮਲਯ ਪਹਾੜ ਵਲੋਂ ਆਉਣ ਵਾਲੀ ਹਵਾ (ਅਨਲ—ਹਵਾ) । ਮਲਯ ਪਰਬਤ ਉਤੇ ਚੰਦਨ ਦੇ ਬੂਟੇ ਹੋਣ ਕਰ ਕੇ ਉਧਰੋਂ ਆਉਣ ਵਾਲੀ ਹਵਾ ਸੁਗੰਧੀ ਵਾਲੀ ਹੁੰਦੀ ਹੈ । ਮਲਯ ਪਹਾੜ ਭਾਰਤ ਦੇ ਦੱਖਣ ਵਿਚ ਹੈ । ਬਨਰਾਇ—ਬਨਸਪਤੀ । ਫੂਲੰਤ—ਫੁੱਲ ਦੇ ਰਹੀ ਹੈ । ਜੋਤੀ—ਜੋਤਿ-ਰੂਪ ਪ੍ਰਭੂ ।੧।

ਭਵਖੰਡਨਾ—ਹੇ ਜਨਮ ਮਰਨ ਕੱਟਣ ਵਾਲੇ! ਅਨਹਤਾ—{ਅਨ-ਹਤ} ਜੋ ਬਿਨਾ ਵਜਾਏ ਵੱਜੇ, ਇੱਕ-ਰਸ । ਸਬਦ—ਆਵਾਜ਼, ਜੀਵਨ-ਰੌ । ਭੇਰੀ—ਡੱਫ, ਨਗਾਰਾ ।੧।ਰਹਾਉ।

ਸਹਸ—ਹਜ਼ਾਰਾਂ । ਤਵ—ਤੇਰੇ । ਨਨ—ਕੋਈ ਨਹੀਂ । ਤੋਹਿ ਕਉ—ਤੇਰੇ ਵਾਸਤੇ, ਤੇਰੇ, ਤੈਨੂੰ । ਮੂਰਤਿ—ਸ਼ਕਲ । ਨਨਾ—ਕੋਈ ਨਹੀਂ । ਤੋਹੀ—ਤੇਰੀ । ਪਦ—ਪੈਰ । ਬਿਮਲ—ਸਾਫ਼ । ਗੰਧ—ਨੱਕ । ਇਵ—ਇਸ

ਤਰ੍ਹਾਂ । ਚਲਤ—ਕੌਤਕ, ਅਚਰਜ ਖੇਡ ।੨।

ਜੋਤਿ—ਚਾਣਨ, ਪ੍ਰਕਾਸ਼ । ਸੋਇ—ਉਹ ਪ੍ਰਭੂ । ਤਿਸ ਕੈ ਚਾਨਣਿ—ਉਸ ਪ੍ਰਭੂ ਦੇ ਚਾਨਣ ਨਾਲ । ਸਾਖੀ—ਸਿੱਖਿਆ ਨਾਲ ।੩।

ਮਕਰੰਦ—ਫੁੱਲਾਂ ਦੀ ਵਿਚਲੀ ਧੂੜ {Pollen dust}, ਫੁੱਲਾਂ ਦਾ ਰਸ । ਮਨੋ—ਮਨ । ਅਨਦਿਨੋ—ਹਰ ਰੋਜ਼ । ਮੋਹਿ—ਮੈਨੂੰ । ਆਹੀ—ਹੈ, ਰਹਿੰਦੀ ਹੈ । ਸਾਰਿੰਗ—ਪਪੀਹਾ । ਜਾ ਤੇ—ਜਿਸ ਨਾਲ । ਤੇਰੈ ਨਾਮਿ—ਤੇਰੇ ਨਾਮ ਵਿਚ ।੪।

ਅਰਥ:- ਸਾਰਾ ਆਕਾਸ਼ (ਮਾਨੋ) ਥਾਲ ਹੈ, ਸੂਰਜ ਤੇ ਚੰਦ (ਇਸ ਥਾਲ ਵਿਚ) ਦੀਵੇ ਬਣੇ ਹੋਏ ਹਨ, ਤਾਰਿਆਂ ਦੇ ਸਮੂਹ, (ਥਾਲ ਵਿਚ) ਮੋਤੀ ਰੱਖੇ ਹੋਏ ਹਨ । ਮਲਯ ਪਰਬਤ ਵਲੋਂ ਆਉਣ ਵਾਲੀ ਹਵਾ, ਮਾਨੋ, ਧੂਪ (ਧੁਖ ਰਿਹਾ) ਹੈ, ਹਵਾ ਚੌਰ ਕਰ ਰਹੀ ਹੈ, ਸਾਰੀ ਬਨਸਪਤੀ ਜੋਤਿ-ਰੂਪ (ਪ੍ਰਭੂ ਦੀ ਆਰਤੀ) ਲਈ ਫੁੱਲ ਦੇ ਰਹੀ ਹੈ ।੧।

ਹੇ ਜੀਵਾਂ ਦੇ ਜਨਮ ਮਰਨ ਨਾਸ ਕਰਨ ਵਾਲੇ! (ਕੁਦਰਤਿ ਵਿਚ) ਤੇਰੀ ਕੈਸੀ ਸੁੰਦਰ ਆਰਤੀ ਹੋ ਰਹੀ ਹੈ! (ਸਭ ਜੀਵਾਂ ਵਿਚ ਰੁਮਕ ਰਹੀ) ਇੱਕ-ਰਸ ਜੀਵਨ-ਰੌ, ਮਾਨੋ, ਤੇਰੀ ਆਰਤੀ ਵਾਸਤੇ ਨਗਾਰੇ ਵੱਜ ਰਹੇ ਹਨ ।੧।ਰਹਾਉ।

(ਸਭ ਜੀਵਾਂ ਵਿਚ ਵਿਆਪਕ ਹੋਣ ਕਰ ਕੇ) ਹਜ਼ਾਰਾਂ ਤੇਰੀਆਂ ਅੱਖਾਂ ਹਨ (ਪਰ, ਨਿਰਾਕਾਰ ਹੋਣ ਕਰ ਕੇ, ਹੇ ਪ੍ਰਭੂ!) ਤੇਰੀਆਂ ਕੋਈ ਅੱਖਾਂ ਨਹੀਂ । ਹਜ਼ਾਰਾਂ ਤੇਰੀਆਂ ਸ਼ਕਲਾਂ ਹਨ, ਪਰ ਤੇਰੀ ਕੋਈ ਭੀ ਸ਼ਕਲ ਨਹੀਂ ਹੈ । ਹਜ਼ਾਰਾਂ ਤੇਰੇ ਸੋਹਣੇ ਪੈਰ ਹਨ, ਪਰ (ਨਿਰਾਕਾਰ ਹੋਣ ਕਰ ਕੇ) ਤੇਰਾ ਇੱਕ ਭੀ ਪੈਰ ਨਹੀਂ । ਹਜ਼ਾਰਾਂ ਤੇਰੇ ਨੱਕ ਹਨ, ਪਰ ਤੂੰ ਨੱਕ ਤੋਂ ਬਿਨਾ ਹੀ ਹੈਂ । ਤੇਰੇ ਅਜੇਹੇ ਕੌਤਕਾਂ ਨੇ ਮੈਨੂੰ ਹੈਰਾਨ ਕੀਤਾ ਹੋਇਆ ਹੈ ।੨।

ਸਾਰੇ ਜੀਵਾਂ ਵਿਚ ਇਕੋ ਉਹੀ ਪਰਮਾਤਮਾ ਦੀ ਜੋਤਿ ਵਰਤ ਰਹੀ ਹੈ । ਉਸ ਜੋਤਿ ਦੇ ਪਰਕਾਸ਼ ਨਾਲ ਸਾਰੇ ਜੀਵਾਂ ਵਿਚ ਚਾਨਣ (ਸੂਝ-ਬੂਝ) ਹੈ । ਪਰ ਇਸ ਜੋਤਿ ਦਾ ਗਿਆਨ ਗੁਰੂ ਦੀ ਸਿੱਖਿਆ ਨਾਲ ਹੀ ਹੁੰਦਾ ਹੈ (ਗੁਰੂ ਦੀ ਰਾਹੀਂ ਇਹ ਸਮਝ ਪੈਂਦੀ ਹੈ ਕਿ ਹਰੇਕ ਦੇ ਅੰਦਰ ਪਰਮਾਤਮਾ ਦੀ ਜੋਤਿ ਹੈ) । (ਇਸ ਸਰਬ-ਵਿਆਪਕ ਜੋਤਿ ਦੀ) ਆਰਤੀ ਇਹ ਹੈ ਕਿ ਜੋ ਕੁਝ ਉਸ ਦੀ ਰਜ਼ਾ ਵਿਚ ਹੋ ਰਿਹਾ ਹੈ ਉਹ ਜੀਵ ਨੂੰ ਚੰਗਾ ਲੱਗੇ (ਪ੍ਰਭੂ ਦੀ ਰਜ਼ਾ ਵਿਚ ਤੁਰਨਾ ਪ੍ਰਭੂ ਦੀ ਆਰਤੀ ਕਰਨੀ ਹੈ) ।੩।

ਹੇ ਹਰੀ! ਤੇਰੇ ਚਰਨ-ਰੂਪ ਕੌਲ ਫੁੱਲਾਂ ਦੇ ਰਸ ਲਈ ਮੇਰਾ ਮਨ ਲਲਚਾਂਦਾ ਹੈ, ਹਰ ਰੋਜ਼ ਮੈਨੂੰ ਇਸੇ ਰਸ ਦੀ ਪਿਆਸ ਲੱਗੀ ਹੋਈ ਹੈ । ਮੈਨੂੰ ਨਾਨਕ ਪਪੀਹੇ ਨੂੰ ਆਪਣੀ ਮੇਹਰ ਦਾ ਜਲ ਦੇਹ, ਜਿਸ (ਦੀ ਬਰਕਤਿ) ਨਾਲ ਮੈਂ ਤੇਰੇ ਨਾਮ ਵਿਚ ਟਿਕਿਆ ਰਹਾਂ ।੪।੧।੭।੯।

ਨੋਟ:- ਅੰਕ ੧—'ਆਰਤੀ' ਦਾ ਉਚੇਚਾ ਇਕ ਸ਼ਬਦ ।
ਅੰਕ ੭—'ਘਰੁ ੨' 'ਘਰੁ ੩' ਦੇ ੭ ਸ਼ਬਦ ।
ਅੰਕ ੯—ਧਨਾਸਰੀ ਵਿਚ ਗੁਰੂ ਨਾਨਕ ਦੇਵ ਜੀ ਦੇ ਕੁੱਲ ਸ਼ਬਦ ੯ ।

ਧਨਾਸਰੀ ਮਹਲਾ ੩ ਘਰੁ ੨ ਚਉਪਦੇ ੴ ਸਤਿਗੁਰ ਪ੍ਰਸਾਦਿ ॥ ਇਹੁ ਧਨੁ ਅਖੁਟੁ ਨ ਨਿਖੁਟੈ ਨ ਜਾਇ ॥ ਪੂਰੈ ਸਤਿਗੁਰਿ ਦੀਆ ਦਿਖਾਇ ॥ ਅਪੁਨੇ ਸਤਿਗੁਰ ਕਉ ਸਦ ਬਲਿ ਜਾਈ ॥ ਗੁਰ ਕਿਰਪਾ ਤੇ ਹਰਿ ਮੰਨਿ ਵਸਾਈ ॥੧॥ ਸੇ ਧਨਵੰਤ ਹਰਿ ਨਾਮਿ ਲਿਵ ਲਾਇ ॥ ਗੁਰਿ ਪੂਰੈ ਹਰਿ ਧਨੁ

ਪਰਗਾਸਿਆ ਹਰਿ ਕਿਰਪਾ ਤੇ ਵਸੈ ਮਨਿ ਆਇ ॥ ਰਹਾਉ ॥ ਅਵਗੁਣ ਕਾਟਿ ਗੁਣ ਰਿਦੈ ਸਮਾਇ ॥ ਪੂਰੇ ਗੁਰ ਕੈ ਸਹਜਿ ਸੁਭਾਇ ॥ ਪੂਰੇ ਗੁਰ ਕੀ ਸਾਚੀ ਬਾਣੀ ॥ ਸੁਖ ਮਨ ਅੰਤਰਿ ਸਹਜਿ ਸਮਾਣੀ ॥੨॥ ਏਕੁ ਅਚਰਜੁ ਜਨ ਦੇਖਹੁ ਭਾਈ ॥ ਦੁਬਿਧਾ ਮਾਰਿ ਹਰਿ ਮੰਨਿ ਵਸਾਈ ॥ ਨਾਮੁ ਅਮੋਲਕੁ ਨ ਪਾਇਆ ਜਾਇ ॥ ਗੁਰ ਪਰਸਾਦਿ ਵਸੈ ਮਨਿ ਆਇ ॥੩॥ ਸਭ ਮਹਿ ਵਸੈ ਪ੍ਰਭੁ ਏਕੋ ਸੋਇ ॥ ਗੁਰਮਤੀ ਘਟਿ ਪਰਗਟੁ ਹੋਇ ॥ ਸਹਜੇ ਜਿਨਿ ਪ੍ਰਭੁ ਜਾਣਿ ਪਛਾਣਿਆ ॥ ਨਾਨਕ ਨਾਮੁ ਮਿਲੈ ਮਨੁ ਮਾਨਿਆ ॥੪॥੧॥ {ਪੰਨਾ 663}

ਪਦਅਰਥ:- ਅਖੁਟੁ—ਕਦੇ ਨਾਹ ਮੁੱਕਣ ਵਾਲਾ । ਨ ਨਿਖੁਟੈ—ਮੁੱਕਦਾ ਨਹੀਂ । ਨ ਜਾਇ—ਨਾਹ ਨਾਸ ਹੁੰਦਾ ਹੈ । ਸਤਿਗੁਰਿ—ਗੁਰੂ ਨੇ । ਕਉ—ਨੂੰ, ਤੋਂ । ਸਦ—ਸਦਾ । ਬਲਿ ਜਾਈ—ਬਲਿ ਜਾਈਂ, ਸਦਕੇ ਜਾਂਦਾ ਹਾਂ । ਤੇ—ਨਾਲ, ਤੋਂ । ਮੰਨਿ—ਮਨਿ, ਮਨ ਵਿਚ । ਵਸਾਈ—ਵਸਾਈਂ, ਮੈਂ ਵਸਾਂਦਾ ਹਾਂ ।੧।

ਸੇ—ਉਹ {ਬਹੁ-ਵਚਨ} । ਨਾਮਿ—ਨਾਮ ਵਿਚ । ਲਿਵ—ਲਗਨ । ਲਾਇ—ਲਾ ਕੇ । ਗੁਰਿ—ਗੁਰੂ ਨੇ । ਪਰਗਾਸਿਆ—ਵਿਖਾ ਦਿੱਤਾ । ਕਿਰਪਾ ਤੇ—ਕਿਰਪਾ ਨਾਲ । ਮਨਿ—ਮਨ ਵਿਚ ।ਰਹਾਉ।

ਕਾਟਿ—ਕੱਟ ਕੇ, ਦੂਰ ਕਰ ਕੇ । ਰਿਦੈ—ਹਿਰਦੇ ਵਿਚ । ਸਮਾਇ—ਟਿਕਾ ਦੇਂਦਾ ਹੈ । ਗੁਰ ਕੈ—ਗੁਰੂ ਦੀ ਰਾਹੀਂ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ । ਸਾਚੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ । ਸੁਖ—ਆਤਮਕ ਆਨੰਦ {ਬਹੁ-ਵਚਨ} । ਮਨ ਅੰਤਰਿ—ਮਨ ਵਿਚ ।੨।

ਅਚਰਜੁ—ਹੈਰਾਨ ਕਰਨ ਵਾਲਾ ਤਮਾਸ਼ਾ । ਜਨ—ਹੇ ਜਨੋ! ਭਾਈ—ਹੇ ਭਾਈ! ਦੁਬਿਧਾ—ਮਨ ਦੀ ਡਾਂਵਾਂ-ਡੋਲ ਹਾਲਤ, ਮੇਰ-ਤੇਰ । ਮੰਨਿ—ਮਨਿ, ਮਨ ਵਿਚ । ਅਮੋਲਕੁ—ਜੋ ਕਿਸੇ ਭੀ ਕੀਮਤ ਤੋਂ ਨਹੀਂ ਮਿਲ ਸਕਦਾ । ਪਰਸਾਦਿ—ਕਿਰਪਾ ਨਾਲ । ਆਇ—ਆ ਕੇ ।੩।

ਸਭ ਮਹਿ—ਸਭ ਜੀਵਾਂ ਵਿਚ । ਸੋਇ—ਉਹੀ । ਗੁਰਮਤਿ—ਗੁਰੂ ਦੀ ਮਤਿ ਉਤੇ ਤੁਰਿਆਂ । ਘਟਿ—ਹਿਰਦੇ ਵਿਚ । ਸਹਜੇ—ਸਹਜਿ, ਆਤਮਕ ਅਡੋਲਤਾ ਵਿਚ । ਜਿਨਿ—ਜਿਸ (ਮਨੁੱਖ) ਨੇ । ਜਾਣਿ—ਸਾਂਝ ਪਾ ਕੇ । ਮਾਨਿਆ—ਪਤੀਜ ਜਾਂਦਾ ਹੈ ।੪।

ਅਰਥ:- (ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ) ਪੂਰੇ ਗੁਰੂ ਨੇ ਪਰਮਾਤਮਾ ਦੇ ਨਾਮ ਦਾ ਧਨ ਪਰਗਟ ਕਰ ਦਿੱਤਾ, ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜ ਕੇ (ਆਤਮਕ ਜੀਵਨ ਦੇ) ਸ਼ਾਹ ਬਣ ਗਏ । ਹੇ ਭਾਈ! ਇਹ ਨਾਮ-ਧਨ ਪਰਮਾਤਮਾ ਦੀ ਕਿਰਪਾ ਨਾਲ ਮਨ ਵਿਚ ਆ ਕੇ ਵੱਸਦਾ ਹੈ ।ਰਹਾਉ।

ਹੇ ਭਾਈ! ਇਹ ਨਾਮ-ਖ਼ਜ਼ਾਨਾ ਕਦੇ ਮੁੱਕਣ ਵਾਲਾ ਨਹੀਂ, ਨਾਹ ਇਹ (ਖ਼ਰਚਿਆਂ) ਮੁੱਕਦਾ ਹੈ, ਨਾਹ ਇਹ ਗਵਾਚਦਾ ਹੈ । (ਇਸ ਧਨ ਦੀ ਇਹ ਸਿਫ਼ਤਿ ਮੈਨੂੰ) ਪੂਰੇ ਗੁਰੂ ਨੇ ਵਿਖਾ ਦਿੱਤੀ ਹੈ । (ਹੇ ਭਾਈ!) ਮੈਂ ਆਪਣੇ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ, ਗੁਰੂ ਦੀ ਕਿਰਪਾ ਨਾਲ ਪਰਮਾਤਮਾ (ਦਾ ਨਾਮ-ਧਨ ਆਪਣੇ) ਮਨ ਵਿਚ ਵਸਾਂਦਾ ਹਾਂ ।੧।

(ਹੇ ਭਾਈ! ਗੁਰੂ ਸਰਨ ਆਏ ਮਨੁੱਖ ਦੇ) ਔਗੁਣ ਦੂਰ ਕਰ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ (ਉਸ ਦੇ) ਹਿਰਦੇ ਵਿਚ ਵਸਾ ਦੇਂਦਾ ਹੈ । (ਹੇ ਭਾਈ!) ਪੂਰੇ ਗੁਰੂ ਦੀ (ਉਚਾਰੀ ਹੋਈ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ (ਮਨੁੱਖ ਦੇ) ਮਨ ਵਿਚ ਆਤਮਕ ਹੁਲਾਰੇ ਪੈਦਾ ਕਰਦੀ ਹੈ । (ਇਸ ਬਾਣੀ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਸਮਾਈ ਹੋਈ ਰਹਿੰਦੀ ਹੈ ।੨।

ਹੇ ਭਾਈ ਜਨੋ! ਇਕ ਹੈਰਾਨ ਕਰਨ ਵਾਲਾ ਤਮਾਸ਼ਾ ਵੇਖੋ । (ਗੁਰੂ ਮਨੁੱਖ ਦੇ ਅੰਦਰੋਂ) ਤੇਰ-ਮੇਰ ਮਿਟਾ ਕੇ ਪਰਮਾਤਮਾ (ਦਾ ਨਾਮ ਉਸ ਦੇ) ਮਨ ਵਿਚ ਵਸਾ ਦੇਂਦਾ ਹੈ । ਹੇ ਭਾਈ! ਪਰਮਾਤਮਾ ਦਾ ਨਾਮ ਅਮੋਲਕ ਹੈ, (ਕਿਸੇ ਭੀ ਦੁਨਿਆਵੀ ਕੀਮਤ ਨਾਲ) ਨਹੀਂ ਮਿਲ ਸਕਦਾ । (ਹਾਂ,) ਗੁਰੂ ਦੀ ਕਿਰਪਾ ਨਾਲ ਮਨ ਵਿਚ ਆ ਵੱਸਦਾ ਹੈ ।੩।

(ਹੇ ਭਾਈ! ਭਾਵੇਂ) ਪਰਮਾਤਮਾ ਆਪ ਹੀ ਸਭ ਵਿਚ ਵੱਸਦਾ ਹੈ, (ਪਰ) ਗੁਰੂ ਦੀ ਮਤਿ ਉਤੇ ਤੁਰਿਆਂ ਹੀ (ਮਨੁੱਖ ਦੇ) ਹਿਰਦੇ ਵਿਚ ਪਰਗਟ ਹੁੰਦਾ ਹੈ । ਹੇ ਨਾਨਕ! ਆਤਮਕ ਅਡੋਲਤਾ ਵਿਚ ਟਿਕ ਕੇ ਜਿਸ ਮਨੁੱਖ ਨੇ ਪ੍ਰਭੂ ਨਾਲ ਡੂੰਘੀ ਸਾਂਝ ਪਾ ਕੇ (ਉਸ ਨੂੰ ਆਪਣੇ ਅੰਦਰ ਵੱਸਦਾ) ਪਛਾਣ ਲਿਆ ਹੈ, ਉਸ ਨੂੰ ਪਰਮਾਤਮਾ ਦਾ ਨਾਮ (ਸਦਾ ਲਈ) ਪ੍ਰਾਪਤ ਹੋ ਜਾਂਦਾ ਹੈ, ਉਸ ਦਾ ਮਨ (ਪਰਮਾਤਮਾ ਦੀ ਯਾਦ ਵਿਚ) ਪਤੀਜਿਆ ਰਹਿੰਦਾ ਹੈ ।੪।

ਧਨਾਸਰੀ ਮਹਲਾ ੩ ॥ ਹਰਿ ਨਾਮੁ ਧਨੁ ਨਿਰਮਲੁ ਅਤਿ ਅਪਾਰਾ ॥ ਗੁਰ ਕੈ ਸਬਦਿ ਭਰੇ ਭੰਡਾਰਾ ॥ ਨਾਮ ਧਨ ਬਿਨੁ ਹੋਰ ਸਭ ਬਿਖੁ ਜਾਣੁ ॥ ਮਾਇਆ ਮੋਹਿ ਜਲੈ ਅਭਿਮਾਨੁ ॥੧॥ ਗੁਰਮੁਖਿ ਹਰਿ ਰਸੁ ਚਾਖੈ ਕੋਇ ॥ ਤਿਸੁ ਸਦਾ ਅਨੰਦੁ ਹੋਵੈ ਦਿਨੁ ਰਾਤੀ ਪੂਰੈ ਭਾਗਿ ਪਰਾਪਤਿ ਹੋਇ ॥ ਰਹਾਉ ॥ ਸਬਦੁ ਦੀਪਕੁ ਵਰਤੈ ਤਿਹੁ ਲੋਇ ॥ ਜੋ ਚਾਖੈ ਸੋ ਨਿਰਮਲੁ ਹੋਇ ॥ ਨਿਰਮਲ ਨਾਮਿ ਹਉਮੈ ਮਲੁ ਧੋਇ ॥ ਸਾਚੀ ਭਗਤਿ ਸਦਾ ਸੁਖੁ ਹੋਇ ॥੨॥ ਜਿਨਿ ਹਰਿ ਰਸੁ ਚਾਖਿਆ ਸੋ ਹਰਿ ਜਨੁ ਲੋਗੁ ॥ ਤਿਸੁ ਸਦਾ ਹਰਖੁ ਨਾਹੀ ਕਦੇ ਸੋਗੁ ॥ ਆਪਿ ਮੁਕਤੁ ਅਵਰਾ ਮੁਕਤੁ ਕਰਾਵੈ ॥ ਹਰਿ ਨਾਮੁ ਜਪੈ ਹਰਿ ਤੇ ਸੁਖੁ ਪਾਵੈ ॥੩॥ ਬਿਨੁ ਸਤਿਗੁਰ ਸਭ ਮੁਈ ਬਿਲਲਾਇ ॥ ਅਨਦਿਨੁ ਦਾਝਹਿ ਸਾਤਿ ਨ ਪਾਇ ॥ ਸਤਿਗੁਰੁ ਮਿਲੈ ਸਭੁ ਤ੍ਰਿਸਨ ਬੁਝਾਏ ॥ ਨਾਨਕ ਨਾਮਿ ਸਾਂਤਿ ਸੁਖੁ ਪਾਏ ॥੪॥੨॥ {ਪੰਨਾ 664}

ਪਦਅਰਥ:- ਨਿਰਮਲੁ—ਪਵਿਤ੍ਰ । ਅਪਾਰਾ—ਬੇਅੰਤ, ਕਦੇ ਨਾਹ ਮੁੱਕਣ ਵਾਲਾ । ਕੈ ਸਬਦਿ—ਦੇ ਸ਼ਬਦ ਦੀ ਰਾਹੀਂ । ਭੰਡਾਰਾ—ਖ਼ਜ਼ਾਨੇ । ਬਿਖੁ—ਜ਼ਹਰ (ਜੋ ਆਤਮਕ ਮੌਤ ਲੈ ਆਉਂਦਾ ਹੈ) । ਜਾਣੁ—ਸਮਝ । ਮੋਹਿ—ਮੋਹ ਵਿਚ । ਅਭਿਮਾਨੁ—ਅਹੰਕਾਰ ।੧।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਕੋਇ—ਜੇਹੜਾ ਕੋਈ । ਭਾਗਿ—ਕਿਸਮਤ ਨਾਲ ।ਰਹਾਉ।

ਦੀਪਕੁ—ਦੀਵਾ । ਵਰਤੈ—ਕੰਮ ਕਰਦਾ ਹੈ, ਚਾਨਣ ਦੇਂਦਾ ਹੈ । ਤਿਹੁ ਲੋਇ—ਤਿੰਨਾਂ ਲੋਕਾਂ ਵਿਚ । ਨਾਮਿ—ਨਾਮ ਦੀ ਰਾਹੀਂ । ਮਲੁ—ਮੈਲ । ਧੋਇ—ਧੋ ਲੈਂਦਾ ਹੈ । ਸਾਚੀ—ਸਦਾ ਕਾਇਮ ਰਹਿਣ ਵਾਲੀ ।੨।

ਜਿਨਿ—ਜਿਸ (ਮਨੁੱਖ) ਨੇ । ਹਰਿ ਜਨੁ—ਹਰੀ ਦਾ ਸੇਵਕ । ਹਰਖੁ—ਖ਼ੁਸ਼ੀ । ਸੋਗੁ—ਗ਼ਮ । ਮੁਕਤੁ—(ਦੁੱਖਾਂ ਵਿਕਾਰਾਂ ਤੋਂ) ਆਜ਼ਾਦ । ਅਵਰਾ—ਹੋਰਨਾਂ ਨੂੰ । ਤੇ—ਤੋਂ, ਪਾਸੋਂ ।੩।

ਸਭ—ਸਾਰੀ ਲੁਕਾਈ । ਮੁਈ—ਆਤਮਕ ਮੌਤੇ ਮਰ ਗਈ । ਬਿਲਲਾਇ—ਵਿਲਕ ਕੇ, ਦੁੱਖੀ ਹੋ ਕੇ । ਅਨਦਿਨੁ—ਹਰ ਰੋਜ਼, ਹਰ ਵੇਲੇ । ਦਾਝਹਿ—ਸਾੜਦੇ ਹਨ । ਸਾਤਿ—ਸ਼ਾਂਤੀ । ਨ ਪਾਇ—ਨਹੀਂ ਪ੍ਰਾਪਤ ਕਰਦਾ । ਸਭ—ਸਾਰੀ । ਨਾਮਿ—ਨਾਮ ਵਿਚ (ਜੁੜ ਕੇ) ।੪।

ਅਰਥ:- ਹੇ ਭਾਈ! ਜੇਹੜਾ ਭੀ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਦਾ ਹੈ,

ਉਸ ਨੂੰ ਦਿਨ ਰਾਤ ਹਰ ਵੇਲੇ ਆਤਮਕ ਆਨੰਦ ਮਿਲਿਆ ਰਹਿੰਦਾ ਹੈ । (ਪਰ ਇਹ ਹਰਿ-ਨਾਮ-ਰਸ) ਪੂਰੀ ਕਿਸਮਤਿ ਨਾਲ ਹੀ ਮਿਲਦਾ ਹੈ ।ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਪਵਿੱਤਰ ਧਨ ਹੈ, ਕਦੇ ਨਾਹ ਮੁੱਕਣ ਵਾਲਾ ਧਨ ਹੈ । ਗੁਰੂ ਦੇ ਸ਼ਬਦ ਵਿਚ (ਜੁੜਿਆਂ ਮਨੁੱਖ ਦੇ ਅੰਦਰ ਇਸ ਧਨ ਦੇ) ਖ਼ਜ਼ਾਨੇ ਭਰ ਜਾਂਦੇ ਹਨ । ਹੇ ਭਾਈ! ਹਰਿ-ਨਾਮ-ਧਨ ਤੋਂ ਬਿਨਾ ਹੋਰ (ਦੁਨੀਆ ਵਾਲਾ ਧਨ) ਸਾਰਾ ਜ਼ਹਰ ਸਮਝ (ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ) । (ਦੁਨੀਆ ਵਾਲਾ ਧਨ) ਅਹੰਕਾਰ ਪੈਦਾ ਕਰਦਾ ਹੈ (ਦੁਨੀਆ ਵਾਲੇ ਧਨ ਨੂੰ ਇਕੱਠਾ ਕਰਨ ਵਾਲਾ ਮਨੁੱਖ) ਮਾਇਆ ਦੇ ਮੋਹ ਵਿਚ ਸੜਦਾ ਰਹਿੰਦਾ ਹੈ ।੧।

ਹੇ ਭਾਈ! ਗੁਰੂ ਦਾ ਸ਼ਬਦ (ਮਾਨੋ) ਦੀਵਾ (ਹੈ, ਜੋ) ਸਾਰੇ ਸੰਸਾਰ ਵਿਚ ਚਾਨਣ ਕਰਦਾ ਹੈ । ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਚੱਖਦਾ ਹੈ, ਉਹ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ । (ਗੁਰੂ ਦੇ ਸ਼ਬਦ ਦੀ ਰਾਹੀਂ) ਪਵਿਤ੍ਰ ਹਰਿ-ਨਾਮ ਵਿਚ (ਜੁੜ ਕੇ ਮਨੁੱਖ ਆਪਣੇ ਅੰਦਰੋਂ) ਹਉਮੈ ਦੀ ਮੈਲ ਧੋ ਲੈਂਦਾ ਹੈ । ਸਦਾ-ਥਿਰ ਪ੍ਰਭੂ ਦੀ ਭਗਤੀ ਦੀ ਬਰਕਤਿ ਨਾਲ (ਮਨੁੱਖ ਦੇ ਅੰਦਰ) ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ ।੨।

ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਰਸ ਚੱਖ ਲਿਆ, ਉਹ ਪਰਮਾਤਮਾ ਦਾ ਦਾਸ ਬਣ ਗਿਆ । ਉਸ ਨੂੰ ਸਦਾ ਆਨੰਦ ਪ੍ਰਾਪਤ ਰਹਿੰਦਾ ਹੈ, ਉਸ ਨੂੰ ਕੋਈ ਗ਼ਮ ਨਹੀਂ ਵਿਆਪਦਾ । ਉਹ ਮਨੁੱਖ ਆਪ (ਦੁੱਖਾਂ ਵਿਕਾਰਾਂ ਤੋਂ) ਬਚਿਆ ਰਹਿੰਦਾ ਹੈ, ਹੋਰਨਾਂ ਨੂੰ ਭੀ ਬਚਾ ਲੈਂਦਾ ਹੈ । ਉਹ (ਵਡ-ਭਾਗੀ) ਮਨੁੱਖ ਸਦਾ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ, ਤੇ, ਪਰਮਾਤਮਾ ਪਾਸੋਂ ਸੁਖ ਹਾਸਲ ਕਰਦਾ ਹੈ ।੩।

ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਸਾਰੀ ਲੋਕਾਈ ਦੁੱਖੀ ਹੋ ਹੋ ਕੇ ਆਤਮਕ ਮੌਤ ਸਹੇੜ ਲੈਂਦੀ ਹੈ । (ਗੁਰੂ ਤੋਂ ਵਿਛੁੜ ਕੇ ਮਨੁੱਖ) ਹਰ ਵੇਲੇ (ਮਾਇਆ ਦੇ ਮੋਹ ਵਿਚ) ਸੜਦੇ ਰਹਿੰਦੇ ਹਨ । (ਗੁਰੂ ਦੀ ਸਰਨ ਤੋਂ ਬਿਨਾ ਮਨੁੱਖ) ਸ਼ਾਂਤੀ ਹਾਸਲ ਨਹੀਂ ਕਰ ਸਕਦਾ । ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਗੁਰੂ ਉਸ ਦੀ ਸਾਰੀ (ਮਾਇਆ ਦੀ) ਤ੍ਰੇਹ ਮਿਟਾ ਦੇਂਦਾ ਹੈ । ਹੇ ਨਾਨਕ! ਉਹ ਮਨੁੱਖ ਹਰਿ-ਨਾਮ ਵਿਚ ਟਿਕ ਕੇ ਸ਼ਾਂਤੀ ਤੇ ਆਨੰਦ ਹਾਸਲ ਕਰ ਲੈਂਦਾ ਹੈ ।੪।੨।

ਧਨਾਸਰੀ ਮਹਲਾ ੩ ॥ ਸਦਾ ਧਨੁ ਅੰਤਰਿ ਨਾਮੁ ਸਮਾਲੇ ॥ ਜੀਅ ਜੰਤ ਜਿਨਹਿ ਪ੍ਰਤਿਪਾਲੇ ॥ ਮੁਕਤਿ ਪਦਾਰਥੁ ਤਿਨ ਕਉ ਪਾਏ ॥ ਹਰਿ ਕੈ ਨਾਮਿ ਰਤੇ ਲਿਵ ਲਾਏ ॥੧॥ ਗੁਰ ਸੇਵਾ ਤੇ ਹਰਿ ਨਾਮੁ ਧਨੁ ਪਾਵੈ ॥ ਅੰਤਰਿ ਪਰਗਾਸੁ ਹਰਿ ਨਾਮੁ ਧਿਆਵੈ ॥ ਰਹਾਉ ॥ ਇਹੁ ਹਰਿ ਰੰਗੁ ਗੂੜਾ ਧਨ ਪਿਰ ਹੋਇ ॥ ਸਾਂਤਿ ਸੀਗਾਰੁ ਰਾਵੇ ਪ੍ਰਭੁ ਸੋਇ ॥ ਹਉਮੈ ਵਿਚਿ ਪ੍ਰਭੁ ਕੋਇ ਨ ਪਾਏ ॥ ਮੂਲਹੁ ਭੁਲਾ ਜਨਮੁ ਗਵਾਏ ॥੨॥ ਗੁਰ ਤੇ ਸਾਤਿ ਸਹਜ ਸੁਖੁ ਬਾਣੀ ॥ ਸੇਵਾ ਸਾਚੀ ਨਾਮਿ ਸਮਾਣੀ ॥ ਸਬਦਿ ਮਿਲੈ ਪ੍ਰੀਤਮੁ ਸਦਾ ਧਿਆਏ ॥ ਸਾਚ ਨਾਮਿ ਵਡਿਆਈ ਪਾਏ ॥੩॥ ਆਪੇ ਕਰਤਾ ਜੁਗਿ ਜੁਗਿ ਸੋਇ ॥ ਨਦਰਿ ਕਰੇ ਮੇਲਾਵਾ ਹੋਇ ॥ ਗੁਰਬਾਣੀ ਤੇ ਹਰਿ ਮੰਨਿ ਵਸਾਏ ॥ ਨਾਨਕ ਸਾਚਿ ਰਤੇ ਪ੍ਰਭਿ ਆਪਿ ਮਿਲਾਏ ॥੪॥੩॥ {ਪੰਨਾ 664}

ਪਦਅਰਥ:- ਸਦਾ ਧਨੁ—ਸਦਾ ਸਾਥ ਨਿਬਾਹੁਣ ਵਾਲਾ ਧਨ । ਅੰਤਰਿ—ਅੰਦਰ । ਸਮਾਲੇ—ਸਮਾਲਿ, ਸਾਂਭ ਕੇ ਰੱਖ । ਜਿਨਹਿ—ਜਿਸ ਨੇ ਹੀ {ਲਫ਼ਜ਼ 'ਜਿਨਿ' ਦੀ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} । ਮੁਕਤਿ ਪਦਾਰਥੁ—ਵਿਕਾਰਾਂ ਤੋਂ ਖ਼ਲਾਸੀ ਦੇਣ ਵਾਲੀ ਕੀਮਤੀ ਚੀਜ਼ । ਪਾਏ—ਪ੍ਰਾਪਤ ਹੁੰਦੀ ਹੈ । ਲਾਏ—

ਲਾਇ, ਲਾ ਕੇ ।੧।

ਤੇ—ਤੋਂ । ਪ੍ਰਗਾਸੁ—ਚਾਨਣ, ਸੂਝ ।ਰਹਾਉ।

ਹਰਿ ਪਿਰ ਰੰਗੁ—ਪ੍ਰਭੂ-ਪਤੀ ਦਾ ਪ੍ਰੇਮ-ਰੰਗ । ਧਨ—(ਉਸ ਜੀਵ-) ਇਸਤ੍ਰੀ (ਨੂੰ) । ਸੀਗਾਰੁ—ਗਹਣਾ । ਮੂਲਹੁ—ਮੂਲ ਤੋਂ, ਆਪਣੇ ਜਿੰਦ-ਦਾਤੇ ਤੋਂ । ਰਾਵੇ—ਮਾਣਦੀ ਹੈ, ਹਿਰਦੇ ਵਿਚ ਹਰ ਵੇਲੇ ਵਸਾਂਦੀ ਹੈ ।੨।

ਤੇ—ਤੋਂ । ਸਹਜ ਸੁਖੁ—ਆਤਮਕ ਅਡੋਲਤਾ ਦਾ ਆਨੰਦ । ਸਾਚੀ—ਸਦਾ ਕਾਇਮ ਰਹਿਣ ਵਾਲੀ । ਨਾਮਿ—ਨਾਮ ਵਿਚ । ਸਬਦਿ—ਸ਼ਬਦ ਵਿਚ । ਨਾਮਿ—ਨਾਮ ਦੀ ਰਾਹੀਂ ।੩।

ਆਪੇ—ਆਪ ਹੀ । ਜੁਗਿ ਜੁਗਿ—ਹਰੇਕ ਜੁਗ ਵਿਚ । ਮੇਲਾਵਾ—ਮਿਲਾਪ । ਮੰਨਿ—ਮਨਿ, ਮਨ ਵਿਚ । ਤੇ—ਦੀ ਰਾਹੀਂ । ਸਾਚਿ—ਸਦਾ-ਥਿਰ ਹਰਿ-ਨਾਮ ਵਿਚ । ਪ੍ਰਭਿ—ਪ੍ਰਭੂ ਨੇ ।੪।

ਅਰਥ:- ਹੇ ਭਾਈ! ਗੁਰੂ ਦੀ (ਦੱਸੀ) ਸੇਵਾ ਕਰਨ ਨਾਲ (ਮਨੁੱਖ) ਪਰਮਾਤਮਾ ਦਾ ਨਾਮ-ਧਨ ਹਾਸਲ ਕਰ ਲੈਂਦਾ ਹੈ । ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਸ ਦੇ ਅੰਦਰ (ਆਤਮਕ ਜੀਵਨ ਦੀ) ਸੂਝ ਪੈਦਾ ਹੋ ਜਾਂਦੀ ਹੈ ।ਰਹਾਉ।

ਹੇ ਭਾਈ! ਜਿਸ ਪਰਮਾਤਮਾ ਨੇ ਸਾਰੇ ਜੀਵਾਂ ਦੀ ਪਾਲਣਾ (ਕਰਨ ਦੀ ਜ਼ਿੰਮੇਵਾਰੀ) ਲਈ ਹੋਈ ਹੈ, ਉਸ ਪਰਮਾਤਮਾ ਦਾ ਨਾਮ (ਐਸਾ) ਧਨ (ਹੈ ਜੋ) ਸਦਾ ਸਾਥ ਨਿਬਾਹੁੰਦਾ ਹੈ, ਇਸ ਨੂੰ ਆਪਣੇ ਅੰਦਰ ਸਾਂਭ ਕੇ ਰੱਖ, ਹੇ ਭਾਈ! ਵਿਕਾਰਾਂ ਤੋਂ ਖ਼ਲਾਸੀ ਕਰਾਣ ਵਾਲਾ ਨਾਮ-ਧਨ ਉਹਨਾਂ ਮਨੁੱਖਾਂ ਨੂੰ ਮਿਲਦਾ ਹੈ, ਜੇਹੜੇ ਸੁਰਤਿ ਜੋੜ ਕੇ ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗੇ ਰਹਿੰਦੇ ਹਨ ।੧।

ਹੇ ਭਾਈ! ਪ੍ਰਭੂ-ਪਤੀ (ਦੇ ਪ੍ਰੇਮ) ਦਾ ਇਹ ਗੂੜ੍ਹਾ ਰੰਗ ਉਸ ਜੀਵ-ਇਸਤ੍ਰੀ ਨੂੰ ਚੜ੍ਹਦਾ ਹੈ, ਜੇਹੜੀ (ਆਤਮਕ) ਸ਼ਾਂਤੀ ਨੂੰ (ਆਪਣੇ ਜੀਵਨ ਦਾ) ਗਹਣਾ ਬਣਾਂਦੀ ਹੈ, ਉਹ ਜੀਵ-ਇਸਤ੍ਰੀ ਉਸ ਪ੍ਰਭੂ ਨੂੰ ਹਰ ਵੇਲੇ ਹਿਰਦੇ ਵਿਚ ਵਸਾਈ ਰੱਖਦੀ ਹੈ । ਪਰ ਅਹੰਕਾਰ ਵਿਚ (ਰਹਿ ਕੇ) ਕੋਈ ਭੀ ਜੀਵ ਪਰਮਾਤਮਾ ਨੂੰ ਮਿਲ ਨਹੀਂ ਸਕਦਾ । ਆਪਣੇ ਜਿੰਦ-ਦਾਤੇ ਤੋਂ ਭੁੱਲਾ ਹੋਇਆ ਮਨੁੱਖ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਜਾਂਦਾ ਹੈ ।੨।

ਹੇ ਭਾਈ! ਗੁਰੂ ਪਾਸੋਂ (ਮਿਲੀ) ਬਾਣੀ ਦੀ ਬਰਕਤਿ ਨਾਲ ਆਤਮਕ ਸ਼ਾਂਤੀ ਪ੍ਰਾਪਤ ਹੁੰਦੀ ਹੈ, ਆਤਮਕ ਅਡੋਲਤਾ ਦਾ ਆਨੰਦ ਮਿਲਦਾ ਹੈ । (ਗੁਰੂ ਦੀ ਦੱਸੀ) ਸੇਵਾ ਸਦਾ ਨਾਲ ਨਿਭਣ ਵਾਲੀ ਚੀਜ਼ ਹੈ (ਇਸ ਦੀ ਬਰਕਤਿ ਨਾਲ ਪਰਮਾਤਮਾ ਦੇ) ਨਾਮ ਵਿਚ ਲੀਨਤਾ ਹੋ ਜਾਂਦੀ ਹੈ । ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਿਆ ਰਹਿੰਦਾ ਹੈ, ਉਹ ਪ੍ਰੀਤਮ-ਪ੍ਰਭੂ ਨੂੰ ਸਦਾ ਸਿਮਰਦਾ ਰਹਿੰਦਾ ਹੈ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਹੋ ਕੇ (ਪਰਲੋਕ ਵਿਚ) ਇੱਜ਼ਤ ਖੱਟਦਾ ਹੈ ।੩।

ਜੇਹੜਾ ਕਰਤਾਰ ਹਰੇਕ ਜੁਗ ਵਿਚ ਆਪ ਹੀ (ਮੌਜੂਦ ਚਲਿਆ ਆ ਰਿਹਾ) ਹੈ, ਉਹ (ਜਿਸ ਮਨੁੱਖ ਉੱਤੇ ਮੇਹਰ ਦੀ) ਨਿਗਾਹ ਕਰਦਾ ਹੈ (ਉਸ ਮਨੁੱਖ ਦਾ ਉਸ ਨਾਲ) ਮਿਲਾਪ ਹੋ ਜਾਂਦਾ ਹੈ । ਉਹ ਮਨੁੱਖ ਗੁਰੂ ਦੀ ਬਾਣੀ ਦੀ ਬਰਕਤਿ ਨਾਲ ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾ ਲੈਂਦਾ ਹੈ । ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਨੇ ਆਪ (ਆਪਣੇ ਚਰਨਾਂ ਵਿਚ) ਮਿਲਾਇਆ ਹੈ, ਉਹ ਉਸ ਸਦਾ-ਥਿਰ (ਦੇ ਪ੍ਰੇਮ-ਰੰਗ) ਵਿਚ ਰੰਗੇ ਰਹਿੰਦੇ ਹਨ ।੪।੩।

ਧਨਾਸਰੀ ਮਹਲਾ ੩ ਤੀਜਾ ॥ ਜਗੁ ਮੈਲਾ ਮੈਲੋ ਹੋਇ ਜਾਇ ॥ ਆਵੈ ਜਾਇ ਦੂਜੈ ਲੋਭਾਇ ॥ ਦੂਜੈ ਭਾਇ ਸਭ ਪਰਜ ਵਿਗੋਈ ॥ ਮਨਮੁਖਿ ਚੋਟਾ ਖਾਇ ਅਪੁਨੀ ਪਤਿ ਖੋਈ ॥੧॥ ਗੁਰ ਸੇਵਾ ਤੇ ਜਨੁ

ਨਿਰਮਲੁ ਹੋਇ ॥ ਅੰਤਰਿ ਨਾਮੁ ਵਸੈ ਪਤਿ ਊਤਮ ਹੋਇ ॥ ਰਹਾਉ ॥ ਗੁਰਮੁਖਿ ਉਬਰੇ ਹਰਿ ਸਰਣਾਈ ॥ ਰਾਮ ਨਾਮਿ ਰਾਤੇ ਭਗਤਿ ਦ੍ਰਿੜਾਈ ॥ ਭਗਤਿ ਕਰੇ ਜਨੁ ਵਡਿਆਈ ਪਾਏ ॥ ਸਾਚਿ ਰਤੇ ਸੁਖ ਸਹਜਿ ਸਮਾਏ ॥੨॥ ਸਾਚੇ ਕਾ ਗਾਹਕੁ ਵਿਰਲਾ ਕੋ ਜਾਣੁ ॥ ਗੁਰ ਕੈ ਸਬਦਿ ਆਪੁ ਪਛਾਣੁ ॥ ਸਾਚੀ ਰਾਸਿ ਸਾਚਾ ਵਾਪਾਰੁ ॥ ਸੋ ਧੰਨੁ ਪੁਰਖੁ ਜਿਸੁ ਨਾਮਿ ਪਿਆਰੁ ॥੩॥ ਤਿਨਿ ਪ੍ਰਭਿ ਸਾਚੈ ਇਕਿ ਸਚਿ ਲਾਏ ॥ ਊਤਮ ਬਾਣੀ ਸਬਦੁ ਸੁਣਾਏ ॥ ਪ੍ਰਭ ਸਾਚੇ ਕੀ ਸਾਚੀ ਕਾਰ ॥ ਨਾਨਕ ਨਾਮਿ ਸਵਾਰਣਹਾਰ ॥੪॥੪॥ {ਪੰਨਾ 664}

ਨੋਟ:- ਲਫ਼ਜ਼ 'ਮਹਲਾ' ਦੇ ਨਾਲ ਵਰਤੇ ਅੰਕ ੧, ੨, ੩, ੪, ੫, ੯ ਨੂੰ ਪਹਿਲਾ, ਦੂਜਾ, ਤੀਜਾ, ਚੌਥਾ, ਪੰਜਵਾਂ ਅਤੇ ਨਾਵਾਂ ਪੜ੍ਹਨਾ ਹੈ ।

ਪਦਅਰਥ:- ਮੈਲੋ—ਮੈਲਾ ਹੀ, ਹੋਰ ਹੋਰ ਮੈਲਾ । ਹੋਇ ਜਾਇ—ਹੁੰਦਾ ਜਾਂਦਾ ਹੈ । ਆਵੈ ਜਾਇ—ਜੰਮਦਾ ਹੈ ਮਰਦਾ ਹੈ । ਦੂਜੈ—ਪਰਮਾਤਮਾ ਤੋਂ ਬਿਨਾ ਹੋਰ ਵਿਚ, ਮਾਇਆ ਦੇ ਮੋਹ ਵਿਚ । ਲੋਭਾਇ—ਲੋਭ ਕਰ ਕੇ, ਫਸ ਕੇ । ਦੂਜੈ ਭਾਇ—ਮਾਇਆ ਦੇ ਮੋਹ ਵਿਚ । ਪਰਜ—ਪਰਜਾ, ਲੁਕਾਈ । ਵਿਗੋਈ—ਖ਼ੁਆਰ ਹੋ ਰਹੀ ਹੈ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ।੧।

ਤੇ—ਤੋਂ, ਦੀ ਰਾਹੀਂ । ਜਨੁ—ਸੇਵਕ । ਪਤਿ—ਇੱਜ਼ਤ ।ਰਹਾਉ।

ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ । ਉਬਰੇ—ਬਚ ਗਏ । ਨਾਮਿ—ਨਾਮ ਵਿਚ । ਰਾਤੇ—ਮਗਨ । ਦ੍ਰਿੜਾਈ—ਹਿਰਦੇ ਵਿਚ ਪੱਕੀ ਟਿਕਾ ਲਈ । ਸਾਚੀ—ਸਦਾ-ਥਿਰ ਪ੍ਰਭੂ ਵਿਚ । ਸਹਜਿ—ਆਤਮਕ ਅਡੋਲਤਾ ਵਿਚ ।੨।

ਗਾਹਕੁ—ਮਿਲਣ ਦਾ ਚਾਹਵਾਨ । ਜਾਣੁ—ਸਮਝੋ । ਸਬਦਿ—ਸ਼ਬਦ ਦੀ ਰਾਹੀਂ । ਆਪੁ—ਆਪਣੇ ਆਤਮਕ ਜੀਵਨ ਨੂੰ । ਪਛਾਣੁ—ਪਛਾਣੂ, ਪਛਾਣਨ ਵਾਲਾ । ਰਾਸਿ—ਸਰਮਾਇਆ । ਧੰਨੁ—ਭਾਗਾਂ ਵਾਲਾ । ਜਿਸੁ ਪਿਆਰੁ—ਜਿਸ ਦਾ ਪਿਆਰ ।੩।

ਤਿਨਿ ਪ੍ਰਭਿ—ਉਸ ਪ੍ਰਭੂ ਨੇ । ਸਾਚੈ—ਸਦਾ ਕਾਇਮ ਰਹਿਣ ਵਾਲੇ ਨੇ । ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈਆਂ ਨੂੰ । ਸਚਿ—ਸਦਾ-ਥਿਰ ਨਾਮ ਵਿਚ । ਊਤਮ—ਸ੍ਰੇਸ਼ਟ (ਜੀਵਨ ਵਾਲੇ) । ਸਾਚੀ ਕਾਰ—ਅਟੱਲ ਮਰਯਾਦਾ । ਸਵਾਰਣਹਾਰ—ਜੀਵਨ ਸੋਹਣਾ ਬਣਾ ਸਕਣ ਵਾਲਾ ।੪।

ਅਰਥ:- ਹੇ ਭਾਈ! ਗੁਰੂ ਦੀ (ਦੱਸੀ ਹੋਈ) ਸੇਵਾ ਦੀ ਰਾਹੀਂ ਮਨੁੱਖ ਪਵਿੱਤਰ ਜੀਵਨ ਵਾਲਾ ਬਣ ਜਾਂਦਾ ਹੈ, ਉਸ ਦੇ ਅੰਦਰ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਤੇ, ਉਸ ਨੂੰ ਉੱਚੀ ਇੱਜ਼ਤ ਮਿਲਦੀ ਹੈ ।ਰਹਾਉ।

ਹੇ ਭਾਈ! ਮਾਇਆ ਦੇ ਮੋਹ ਵਿਚ ਫਸ ਕੇ ਜਗਤ ਮੈਲੇ ਜੀਵਨ ਵਾਲਾ ਹੋ ਜਾਂਦਾ ਹੈ, ਹੋਰ ਹੋਰ ਵਧੀਕ ਮੈਲੇ ਜੀਵਨ ਵਾਲਾ ਬਣਦਾ ਜਾਂਦਾ ਹੈ, ਤੇ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ । ਹੇ ਭਾਈ! ਮਾਇਆ ਦੇ ਮੋਹ ਵਿਚ ਫਸ ਕੇ ਸਾਰੀ ਲੁਕਾਈ ਖ਼ੁਆਰ ਹੁੰਦੀ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੇ ਮੋਹ ਦੀਆਂ) ਸੱਟਾਂ ਖਾਂਦਾ ਹੈ, ਤੇ, ਆਪਣੀ ਇੱਜ਼ਤ ਗਵਾਂਦਾ ਹੈ ।੧।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪਰਮਾਤਮਾ ਦੀ ਸਰਨ ਪੈ ਕੇ (ਮਾਇਆ ਦੇ ਮੋਹ ਤੋਂ) ਬਚ ਨਿਕਲਦੇ ਹਨ, ਉਹ ਪਰਮਾਤਮਾ ਦੇ ਨਾਮ ਵਿਚ ਮਗਨ ਰਹਿੰਦੇ ਹਨ, ਪਰਮਾਤਮਾ ਦੀ ਭਗਤੀ ਆਪਣੇ ਹਿਰਦੇ ਵਿਚ ਪੱਕੀ ਟਿਕਾਈ ਰੱਖਦੇ ਹਨ । ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੀ ਭਗਤੀ ਕਰਦਾ ਹੈ ਉਹ (ਲੋਕ

ਪਰਲੋਕ ਵਿਚ) ਇੱਜ਼ਤ ਖੱਟਦਾ ਹੈ । ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੇ ਰਹਿੰਦੇ ਹਨ ਉਹ ਆਤਮਕ ਹੁਲਾਰਿਆਂ ਵਿਚ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ ।੨।

(ਹੇ ਭਾਈ! ਫਿਰ ਭੀ,) ਸਦਾ-ਥਿਰ ਪ੍ਰਭੂ ਨਾਲ ਮਿਲਾਪ ਦਾ ਚਾਹਵਾਨ ਕਿਸੇ ਵਿਰਲੇ ਮਨੁੱਖ ਨੂੰ ਹੀ ਸਮਝੋ । (ਜੇਹੜਾ ਕੋਈ ਮਿਲਾਪ ਦਾ ਚਾਹਵਾਨ ਹੁੰਦਾ ਹੈ, ਉਹ) ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੇ ਆਤਮਕ ਜੀਵਨ ਨੂੰ ਪਰਖਣ ਵਾਲਾ ਬਣ ਜਾਂਦਾ ਹੈ । ਉਹ ਮਨੁੱਖ ਸਦਾ-ਥਿਰ ਹਰਿ-ਨਾਮ ਦੀ ਪੂੰਜੀ (ਆਪਣੇ ਅੰਦਰ ਸਾਂਭ ਕੇ ਰੱਖਦਾ ਹੈ), ਉਹ ਮਨੁੱਖ ਸਦਾ ਸਾਥ ਨਿਬਾਹੁਣ ਵਾਲਾ (ਹਰਿ-ਨਾਮ ਸਿਮਰਨ ਦਾ) ਵਪਾਰ ਕਰਦਾ ਹੈ । ਹੇ ਭਾਈ! ਉਹ ਮਨੁੱਖ ਭਾਗਾਂ ਵਾਲਾ ਹੈ ਜਿਸ ਦਾ ਪਿਆਰ ਪਰਮਾਤਮਾ ਦੇ ਨਾਮ ਵਿਚ ਪੈ ਜਾਂਦਾ ਹੈ ।੩।

ਹੇ ਭਾਈ! ਉਸ ਸਦਾ-ਥਿਰ ਪ੍ਰਭੂ ਨੇ ਕਈ (ਮਨੁੱਖਾਂ) ਨੂੰ (ਆਪਣੇ) ਸਦਾ-ਥਿਰ ਨਾਮ ਵਿਚ ਜੋੜਿਆ ਹੋਇਆ ਹੈ ਉਹਨਾਂ ਨੂੰ ਗੁਰੂ ਦੀ ਬਾਣੀ ਗੁਰੂ ਦਾ ਸ਼ਬਦ ਸੁਣਾਂਦਾ ਹੈ, ਤੇ ਪਵਿਤ੍ਰ ਜੀਵਨ ਵਾਲਾ ਬਣਾ ਦੇਂਦਾ ਹੈ । ਹੇ ਨਾਨਕ! ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਇਹ ਅਟੱਲ ਮਰਯਾਦਾ ਹੈ ਕਿ ਉਹ ਆਪਣੇ ਨਾਮ ਵਿਚ ਜੋੜ ਕੇ ਜੀਵਾਂ ਦੇ ਜੀਵਨ ਸੋਹਣੇ ਬਣਾ ਦੇਣ ਵਾਲਾ ਹੈ ।੪।੪।

ਧਨਾਸਰੀ ਮਹਲਾ ੩ ॥ ਜੋ ਹਰਿ ਸੇਵਹਿ ਤਿਨ ਬਲਿ ਜਾਉ ॥ ਤਿਨ ਹਿਰਦੈ ਸਾਚੁ ਸਚਾ ਮੁਖਿ ਨਾਉ ॥ ਸਾਚੋ ਸਾਚੁ ਸਮਾਲਿਹੁ ਦੁਖੁ ਜਾਇ ॥ ਸਾਚੈ ਸਬਦਿ ਵਸੈ ਮਨਿ ਆਇ ॥੧॥ ਗੁਰਬਾਣੀ ਸੁਣਿ ਮੈਲੁ ਗਵਾਏ ॥ ਸਹਜੇ ਹਰਿ ਨਾਮੁ ਮੰਨਿ ਵਸਾਏ ॥੧॥ ਰਹਾਉ ॥ ਕੂੜੁ ਕੁਸਤੁ ਤ੍ਰਿਸਨਾ ਅਗਨਿ ਬੁਝਾਏ ॥ ਅੰਤਰਿ ਸਾਂਤਿ ਸਹਜਿ ਸੁਖੁ ਪਾਏ ॥ ਗੁਰ ਕੈ ਭਾਣੈ ਚਲੈ ਤਾ ਆਪੁ ਜਾਇ ॥ ਸਾਚੁ ਮਹਲੁ ਪਾਏ ਹਰਿ ਗੁਣ ਗਾਇ ॥੨॥ ਨ ਸਬਦੁ ਬੂਝੈ ਨ ਜਾਣੈ ਬਾਣੀ ॥ ਮਨਮੁਖਿ ਅੰਧੇ ਦੁਖਿ ਵਿਹਾਣੀ ॥ ਸਤਿਗੁਰੁ ਭੇਟੇ ਤਾ ਸੁਖੁ ਪਾਏ ॥ ਹਉਮੈ ਵਿਚਹੁ ਠਾਕਿ ਰਹਾਏ ॥੩॥ ਕਿਸ ਨੋ ਕਹੀਐ ਦਾਤਾ ਇਕੁ ਸੋਇ ॥ ਕਿਰਪਾ ਕਰੇ ਸਬਦਿ ਮਿਲਾਵਾ ਹੋਇ ॥ ਮਿਲਿ ਪ੍ਰੀਤਮ ਸਾਚੇ ਗੁਣ ਗਾਵਾ ॥ ਨਾਨਕ ਸਾਚੇ ਸਾਚਾ ਭਾਵਾ ॥੪॥੫॥ {ਪੰਨਾ 665}

ਪਦਅਰਥ:- ਸੇਵਹਿ—ਸੇਂਵਦੇ ਹਨ, ਸਿਮਰਦੇ ਹਨ । ਜਾਉ—ਜਾਉਂ, ਮੈਂ ਜਾਂਦਾ ਹਾਂ । ਬਲਿ—ਕੁਰਬਾਨ । ਹਿਰਦੈ—ਹਿਰਦੇ ਵਿਚ । ਸਾਚੁ—ਸਦਾ ਕਾਇਮ ਰਹਿਣ ਵਾਲਾ ਹਰੀ । ਮੁਖਿ—ਮੂੰਹ ਵਿਚ । ਸਚਾ—ਸਦਾ-ਥਿਰ । ਸਾਚੋ ਸਾਚੁ—ਸਾਚੁ ਹੀ ਸਾਚੁ, ਸਦਾ-ਥਿਰ ਪ੍ਰਭੂ ਹੀ । ਸਮਾਲਿਹੁ—(ਹੇ ਭਾਈ!) ਸਾਂਭ ਕੇ ਰੱਖਿਆ ਕਰੋ । ਸਬਦਿ—ਸ਼ਬਦ ਦੀ ਰਾਹੀਂ ।੧।

ਸੁਣਿ—(ਹੇ ਭਾਈ!) ਸੁਣਿਆ ਕਰ । ਸਹਜੇ—ਆਤਮਕ ਅਡੋਲਤਾ ਵਿਚ । ਮੰਨਿ—ਮਨਿ, ਮਨ ਵਿਚ ।੧।ਰਹਾਉ।

ਕੂੜੁ ਕੁਸਤੁ—ਝੂਠ ਫ਼ਰੇਬ । ਅਗਨਿ—ਅੱਗ । ਭਾਣੈ—ਰਜ਼ਾ ਵਿਚ । ਆਪੁ—ਆਪਾ-ਭਾਵ । ਮਹਲੁ—ਟਿਕਾਣਾ ।੨।

ਬੂਝੈ—ਸਮਝਦਾ । ਜਾਣੈ—ਸਾਂਝ ਪਾਂਦਾ । ਦੁਖਿ—ਦੁੱਖ ਵਿਚ । ਵਿਹਾਣੀ—ਬੀਤਦੀ ਹੈ । ਭੇਟੇ—ਮਿਲਦਾ ਹੈ । ਤਾਂ—ਤਦੋਂ । ਵਿਚਹੁ—ਮਨ ਵਿਚੋਂ । ਠਾਕਿ—ਰੋਕ ਕੇ ।੩।

ਕਿਸ ਨੋ—{ਲਫ਼ਜ਼ 'ਕਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਸਬਦਿ—ਸ਼ਬਦ ਦੀ ਰਾਹੀਂ

। ਮਿਲਿ—ਮਿਲ ਕੇ । ਸਾਚੇ ਭਾਵਾ—ਸਦਾ-ਥਿਰ ਪ੍ਰਭੂ ਨੂੰ ਚੰਗੀ ਲੱਗਾਂ {ਭਾਵਾਂ} । ਗਾਵਾ—ਗਾਵਾਂ ।੪।

ਅਰਥ:- ਹੇ ਭਾਈ! ਗੁਰੂ ਦੀ ਬਾਣੀ ਸੁਣਿਆ ਕਰ, (ਇਹ ਬਾਣੀ ਮਨ ਵਿਚੋਂ ਵਿਕਾਰਾਂ ਦੀ) ਮੈਲ ਦੂਰ ਕਰ ਦੇਂਦੀ ਹੈ । (ਇਹ ਬਾਣੀ) ਆਤਮਕ ਅਡੋਲਤਾ ਵਿਚ (ਟਿਕਾ ਕੇ) ਪਰਮਾਤਮਾ ਦਾ ਨਾਮ ਮਨ ਵਿਚ ਵਸਾ ਦੇਂਦੀ ਹੈ ।੧।ਰਹਾਉ।

(ਹੇ ਭਾਈ! ਗੁਰਬਾਣੀ ਦਾ ਆਸਰਾ ਲੈ ਕੇ) ਜੇਹੜੇ ਮਨੁੱਖ ਪਰਮਾਤਮਾ ਦਾ ਸਿਮਰਨ ਕਰਦੇ ਹਨ, ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ । ਉਹਨਾਂ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਵੱਸਿਆ ਰਹਿੰਦਾ ਹੈ, ਉਹਨਾਂ ਦੇ ਮੂੰਹ ਵਿਚ ਸਦਾ-ਥਿਰ ਹਰਿ-ਨਾਮ ਟਿਕਿਆ ਰਹਿੰਦਾ ਹੈ । ਹੇ ਭਾਈ! ਸਦਾ-ਥਿਰ ਪ੍ਰਭੂ ਨੂੰ ਹੀ (ਹਿਰਦੇ ਵਿਚ) ਸੰਭਾਲ ਕੇ ਰੱਖਿਆ ਕਰੋ (ਇਸ ਦੀ ਬਰਕਤਿ ਨਾਲ ਹਰੇਕ) ਦੁੱਖ ਦੂਰ ਹੋ ਜਾਂਦਾ ਹੈ । ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਸ਼ਬਦ ਵਿਚ ਜੁੜਿਆਂ (ਹਰਿ-ਨਾਮ) ਮਨ ਵਿਚ ਆ ਵੱਸਦਾ ਹੈ ।੧।

(ਹੇ ਭਾਈ! ਗੁਰੂ ਦੀ ਬਾਣੀ ਮਨ ਵਿਚੋਂ) ਝੂਠ ਫ਼ਰੇਬ ਮੁਕਾ ਦੇਂਦੀ ਹੈ, ਤ੍ਰਿਸ਼ਨਾ ਦੀ ਅੱਗ ਬੁਝਾ ਦੇਂਦੀ ਹੈ । (ਗੁਰਬਾਣੀ ਦੀ ਬਰਕਤਿ ਨਾਲ) ਮਨ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ, ਆਤਮਕ ਅਡੋਲਤਾ ਵਿਚ ਟਿਕ ਜਾਈਦਾ ਹੈ, ਆਤਮਕ ਆਨੰਦ ਪ੍ਰਾਪਤ ਹੁੰਦਾ ਹੈ । (ਜਦੋਂ ਮਨੁੱਖ ਗੁਰਬਾਣੀ ਅਨੁਸਾਰ) ਗੁਰੂ ਦੀ ਰਜ਼ਾ ਵਿਚ ਤੁਰਦਾ ਹੈ, ਤਦੋਂ (ਉਸ ਦੇ ਅੰਦਰੋਂ) ਆਪਾ-ਭਾਵ ਦੂਰ ਹੋ ਜਾਂਦਾ ਹੈ, ਤਦੋਂ ਉਹ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਸਦਾ-ਥਿਰ ਰਹਿਣ ਵਾਲਾ ਟਿਕਾਣਾ ਪ੍ਰਾਪਤ ਕਰ ਲੈਂਦਾ ਹੈ (ਪ੍ਰਭੂ ਚਰਨਾਂ ਵਿਚ ਲੀਨ ਰਹਿੰਦਾ ਹੈ) ।੨।

ਹੇ ਭਾਈ! ਜੇਹੜਾ ਮਨੁੱਖ ਨਾਹ ਗੁਰੂ ਦੇ ਸ਼ਬਦ ਨੂੰ ਸਮਝਦਾ ਹੈ, ਨਾਹ ਗੁਰੂ ਦੀ ਬਾਣੀ ਨਾਲ ਡੂੰਘੀ ਸਾਂਝ ਪਾਂਦਾ ਹੈ, ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ, ਤੇ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ (ਉਸ ਮਨੁੱਖ ਦੀ ਉਮਰ) ਦੁੱਖ ਵਿਚ ਹੀ ਗੁਜ਼ਰਦੀ ਹੈ । ਜਦੋਂ ਉਸ ਨੂੰ ਗੁਰੂ ਮਿਲ ਪੈਂਦਾ ਹੈ, ਤਦੋਂ ਉਹ ਆਤਮਕ ਆਨੰਦ ਹਾਸਲ ਕਰਦਾ ਹੈ, ਗੁਰੂ ਉਸ ਦੇ ਮਨ ਵਿਚੋਂ ਹਉਮੈ ਮਾਰ ਮੁਕਾਂਦਾ ਹੈ ।

ਪਰ, ਹੇ ਭਾਈ! (ਪਰਮਾਤਮਾ ਤੋਂ ਬਿਨਾ) ਹੋਰ ਕਿਸੇ ਅੱਗੇ ਅਰਜ਼ੋਈ ਕੀਤੀ ਨਹੀਂ ਜਾ ਸਕਦੀ । ਸਿਰਫ਼ ਪਰਮਾਤਮਾ ਹੀ (ਗੁਰੂ ਦੇ ਮਿਲਾਪ ਦੀ ਦਾਤਿ) ਦੇਣ ਵਾਲਾ ਹੈ । ਜਦੋਂ ਪਰਮਾਤਮਾ (ਇਹ) ਕਿਰਪਾ ਕਰਦਾ ਹੈ, ਤਦੋਂ ਗੁਰੂ ਦੇ ਸ਼ਬਦ ਵਿਚ ਜੁੜਿਆਂ (ਪ੍ਰਭੂ ਨਾਲ) ਮਿਲਾਪ ਹੋ ਜਾਂਦਾ ਹੈ । ਹੇ ਨਾਨਕ! (ਆਖ—ਜੇ ਪ੍ਰਭੂ ਦੀ ਮੇਹਰ ਹੋਵੇ, ਤਾਂ) ਮੈਂ ਪ੍ਰੀਤਮ-ਗੁਰੂ ਨੂੰ ਮਿਲ ਕੇ ਸਦਾ-ਥਿਰ ਪ੍ਰਭੂ ਦੇ ਗੀਤ ਗਾ ਸਕਦਾ ਹਾਂ, ਸਦਾ-ਥਿਰ ਪ੍ਰਭੂ ਦਾ ਨਾਮ ਜਪ ਜਪ ਕੇ ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗ ਸਕਦਾ ਹਾਂ ।੪।੫।

ਧਨਾਸਰੀ ਮਹਲਾ ੩ ॥ ਮਨੁ ਮਰੈ ਧਾਤੁ ਮਰਿ ਜਾਇ ॥ ਬਿਨੁ ਮਨ ਮੂਏ ਕੈਸੇ ਹਰਿ ਪਾਇ ॥ ਇਹੁ ਮਨੁ ਮਰੈ ਦਾਰੂ ਜਾਣੈ ਕੋਇ ॥ ਮਨੁ ਸਬਦਿ ਮਰੈ ਬੂਝੈ ਜਨੁ ਸੋਇ ॥੧॥ ਜਿਸ ਨੋ ਬਖਸੇ ਹਰਿ ਦੇ ਵਡਿਆਈ ॥ ਗੁਰ ਪਰਸਾਦਿ ਵਸੈ ਮਨਿ ਆਈ ॥ ਰਹਾਉ ॥ ਗੁਰਮੁਖਿ ਕਰਣੀ ਕਾਰ ਕਮਾਵੈ ॥ ਤਾ ਇਸੁ ਮਨ ਕੀ ਸੋਝੀ ਪਾਵੈ ॥ ਮਨੁ ਮੈ ਮਤੁ ਮੈਗਲ ਮਿਕਦਾਰਾ ॥ ਗੁਰੁ ਅੰਕਸੁ ਮਾਰਿ ਜੀਵਾਲਣਹਾਰਾ ॥੨॥ ਮਨੁ ਅਸਾਧੁ ਸਾਧੈ ਜਨੁ ਕੋਈ ॥ ਅਚਰੁ ਚਰੈ ਤਾ ਨਿਰਮਲੁ ਹੋਈ ॥ ਗੁਰਮੁਖਿ ਇਹੁ ਮਨੁ ਲਇਆ ਸਵਾਰਿ ॥ ਹਉਮੈ ਵਿਚਹੁ ਤਜੈ ਵਿਕਾਰ ॥੩॥ ਜੋ ਧੁਰਿ ਰਖਿਅਨੁ ਮੇਲਿ ਮਿਲਾਇ ॥ ਕਦੇ ਨ ਵਿਛੁੜਹਿ ਸਬਦਿ ਸਮਾਇ ॥ ਆਪਣੀ ਕਲਾ ਆਪੇ ਪ੍ਰਭੁ ਜਾਣੈ ॥ ਨਾਨਕ ਗੁਰਮੁਖਿ ਨਾਮੁ ਪਛਾਣੈ ॥੪॥੬॥ {ਪੰਨਾ 665}

ਪਦਅਰਥ:- ਮਰੈ—(ਵਿਕਾਰਾਂ ਵਲੋਂ) ਮਰ ਜਾਂਦਾ ਹੈ (ਵਿਕਾਰਾਂ ਦਾ ਅਸਰ ਨਹੀਂ ਕਬੂਲਦਾ) । ਧਾਤੁ—ਦੌੜ ਭੱਜ, ਤ੍ਰਿਸ਼ਨਾ । ਕੈਸੇ ਪਾਇ—ਕਿਵੇਂ ਪ੍ਰਾਪਤ ਕਰੇ? ਨਹੀਂ ਮਿਲ ਸਕਦਾ । ਕੋਇ—ਕੋਈ ਵਿਰਲਾ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਸੋਇ ਜਨੁ—ਉਹੀ ਮਨੁੱਖ ।੧।

ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਦੇ—ਦੇਂਦਾ ਹੈ । ਵਡਿਆਈ—ਇੱਜ਼ਤ । ਪਰਸਾਦਿ—ਕਿਰਪਾ ਨਾਲ । ਮਨਿ—ਮਨ ਵਿਚ । ਆਈ—ਆਇ, ਆ ਕੇ ।ਰਹਾਉ।

ਗੁਰਮੁਖਿ—ਗੁਰੂ ਦੇ ਸਨਮੁਖ ਰਹਿ ਕੇ । ਕਰਣੀ—ਕਰਣੀਯ, ਕਰਨ-ਯੋਗ । ਤਾ—ਤਦੋਂ । ਮੈ ਮਤੁ—ਨਸ਼ੇ ਵਿਚ ਮਸਤ । ਮੈ—ਸ਼ਰਾਬ, ਹਉਮੈ ਦੀ ਸ਼ਰਾਬ । ਮੈਗਲ—ਹਾਥੀ । ਮਿਕਦਾਰਾ—ਜੇਡਾ, ਬਰਾਬਰ । ਅੰਕਸੁ—ਲੋਹੇ ਦੀ ਸੀਖ਼ ਜਿਸ ਨਾਲ ਹਾਥੀ ਨੂੰ ਮਹਾਵਤ ਤੋਰਦਾ ਹੈ । ਜੀਵਾਲਣਹਾਰਾ—ਜਿਵਾਲਣ ਦੀ ਸਮਰਥਾ ਵਾਲਾ ।੨।

ਅਸਾਧੁ—ਵੱਸ ਵਿਚ ਇਹ ਨਾਹ ਆ ਸਕਣ ਵਾਲਾ । ਸਾਧੈ—ਵੱਸ ਵਿਚ ਲਿਆਉਂਦਾ ਹੈ । ਕੋਈ—ਕੋਈ ਵਿਰਲਾ । ਚਰੈ—ਖਾ ਲੈਂਦਾ ਹੈ, ਮਾਰ ਮੁਕਾਂਦਾ ਹੈ । ਅਚਰੁ—ਜੇਹੜਾ ਖਾਧਾ ਨਾਹ ਜਾ ਸਕੇ ।੩।

ਰਖਿਅਨੁ—ਉਸ (ਪਰਮਾਤਮਾ) ਨੇ ਰੱਖੇ ਹਨ । ਮਿਲਾਇ ਰਖਿਅਨੁ—ਉਸ ਨੇ ਮਿਲਾ ਰੱਖੇ ਹਨ । ਜੋ—ਜਿਨ੍ਹਾਂ (ਮਨੁੱਖਾਂ) ਨੂੰ । ਵਿਛੁੜਹਿ—ਵਿਛੁੜਦੇ । ਸਬਦਿ—ਸ਼ਬਦ ਵਿਚ । ਸਮਾਇ—ਲੀਨ ਹੋ ਕੇ । ਕਲਾ—ਸੱਤਿਆ, ਤਾਕਤ । ਆਪੇ—ਆਪ ਹੀ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ।੪।

ਅਰਥ:- ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਬਖ਼ਸ਼ਸ਼ ਕਰਦਾ ਹੈ, ਜਿਸ ਨੂੰ ਇੱਜ਼ਤ ਦੇਂਦਾ ਹੈ, ਉਸ ਮਨੁੱਖ ਦੇ ਮਨ ਵਿਚ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ) ਆ ਵੱਸਦਾ ਹੈ ।ਰਹਾਉ।

(ਹੇ ਭਾਈ! ਉਸ ਹਰਿ-ਨਾਮ ਦੀ ਬਰਕਤਿ ਨਾਲ ਮਨੁੱਖ ਦਾ) ਮਨ ਵਿਕਾਰਾਂ ਦਾ ਅਸਰ ਨਹੀਂ ਕਬੂਲਦਾ, ਮਨ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ । ਜਦ ਤਕ ਮਨ ਵਿਕਾਰਾਂ ਵਲੋਂ ਅਛੋਹ ਨਹੀਂ ਹੁੰਦਾ, ਮਨੁੱਖ ਪਰਮਾਤਮਾ ਦਾ ਮਿਲਾਪ ਪ੍ਰਾਪਤ ਨਹੀਂ ਕਰ ਸਕਦਾ । ਹੇ ਭਾਈ! ਕੋਈ ਵਿਰਲਾ ਮਨੁੱਖ ਉਹ ਦਵਾਈ ਜਾਣਦਾ ਹੈ, ਜਿਸ ਦੇ ਵਰਤਣ ਨਾਲ ਇਹ ਮਨ ਵਿਕਾਰਾਂ ਦਾ ਅਸਰ ਕਬੂਲਣੋਂ ਹਟ ਜਾਏ । (ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ) ਉਹ ਮਨੁੱਖ ਸਮਝ ਲੈਂਦਾ ਹੈ ਕਿ ਗੁਰੂ ਦੇ ਸ਼ਬਦ ਵਿਚ ਜੁੜਿਆਂ ਮਨ ਵਿਕਾਰਾਂ ਵਲੋਂ ਅਛੋਹ ਹੋ ਜਾਂਦਾ ਹੈ ।੧।

ਹੇ ਭਾਈ! ਜਦੋਂ ਮਨੁੱਖ ਗੁਰੂ ਦੀ ਸਰਨ ਪੈ ਕੇ (ਗੁਰੂ ਵਲੋਂ ਮਿਲੀ) ਕਰਨ-ਜੋਗ ਕਾਰ ਕਰਨੀ ਸ਼ੁਰੂ ਕਰ ਦੇਂਦਾ ਹੈ, ਤਦੋਂ ਉਸ ਨੂੰ ਇਸ ਮਨ (ਨੂੰ ਵੱਸ ਵਿਚ ਰੱਖਣ) ਦੀ ਸਮਝ ਆ ਜਾਂਦੀ ਹੈ । (ਤਦੋਂ ਮਨੁੱਖ ਸਮਝ ਲੈਂਦਾ ਹੈ ਕਿ) ਮਨ (ਹਉਮੈ ਦੇ) ਨਸ਼ੇ ਵਿਚ ਮਸਤ ਹੋ ਕੇ (ਮਸਤ) ਹਾਥੀ ਵਰਗਾ ਹੋਇਆ ਰਹਿੰਦਾ ਹੈ, ਗੁਰੂ ਹੀ (ਆਪਣੇ ਸ਼ਬਦ ਦਾ) ਕੁੰਡਾ ਵਰਤ ਕੇ (ਵਿਕਾਰਾਂ ਵਿਚ ਆਤਮਕ ਮੌਤੇ ਮਰੇ ਹੋਏ ਮਨ ਨੂੰ) ਆਤਮਕ ਜੀਵਨ ਦੇਣ ਦੀ ਸਮਰਥਾ ਰੱਖਦਾ ਹੈ ।੨।

ਹੇ ਭਾਈ! ਇਹ ਮਨ ਬੜੀ ਮੁਸ਼ਕਿਲ ਨਾਲ ਵੱਸ ਵਿਚ ਆਉਂਦਾ ਹੈ, ਕੋਈ ਵਿਰਲਾ ਮਨੁੱਖ ਇਸ ਨੂੰ ਵੱਸ ਵਿਚ ਲਿਆਉਂਦਾ ਹੈ । ਜਦੋਂ ਮਨੁੱਖ (ਗੁਰੂ ਦੀ ਸਰਨ ਪੈ ਕੇ ਮਨ ਦੇ) ਅਸਾਧ ਰੋਗ (ਕਾਮਾਦਿਕ) ਨੂੰ ਮੁਕਾ ਲੈਂਦਾ ਹੈ, ਤਦੋਂ (ਇਸ ਦਾ ਮਨ) ਪਵਿੱਤਰ ਹੋ ਜਾਂਦਾ ਹੈ । ਗੁਰੂ ਦੀ ਸਰਨ ਪਏ ਰਹਿਣ ਵਾਲਾ ਮਨੁੱਖ ਇਸ ਮਨ ਨੂੰ ਸੋਹਣਾ ਬਣਾ ਲੈਂਦਾ ਹੈ, ਤੇ ਆਪਣੇ ਅੰਦਰੋਂ ਹਉਮੈ ਆਦਿਕ ਵਿਕਾਰਾਂ ਨੂੰ ਕੱਢ ਦੇਂਦਾ ਹੈ ।੩।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਉਸ (ਪਰਮਾਤਮਾ) ਨੇ ਧੁਰ ਤੋਂ ਹੀ ਆਪਣੇ ਚਰਨਾਂ ਵਿਚ ਜੋੜ ਰੱਖਿਆ ਹੈ, ਉਹ ਗੁਰੂ ਦੇ ਸ਼ਬਦ ਵਿਚ ਲੀਨ ਰਹਿ ਕੇ ਕਦੇ ਭੀ (ਪ੍ਰਭੂ ਤੋਂ) ਨਹੀਂ ਵਿਛੁੜਦੇ । ਪਰ, ਹੇ ਭਾਈ! ਪ੍ਰਭੂ ਆਪ ਹੀ ਆਪਣੀ ਗੁੱਝੀ ਤਾਕਤ ਜਾਣਦਾ ਹੈ (ਕਿ ਕਿਸ ਨੂੰ ਉਹ ਆਪਣੇ ਨਾਲ ਜੋੜੀ ਰੱਖਦਾ ਹੈ) । ਹੇ ਨਾਨਕ! ਗੁਰੂ ਦੇ

ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੇ ਨਾਮ ਨਾਲ ਸਾਂਝ ਬਣਾਈ ਰੱਖਦਾ ਹੈ ।੪।੬।

ਧਨਾਸਰੀ ਮਹਲਾ ੩ ॥ ਕਾਚਾ ਧਨੁ ਸੰਚਹਿ ਮੂਰਖ ਗਾਵਾਰ ॥ ਮਨਮੁਖ ਭੂਲੇ ਅੰਧ ਗਾਵਾਰ ॥ ਬਿਖਿਆ ਕੈ ਧਨਿ ਸਦਾ ਦੁਖੁ ਹੋਇ ॥ ਨਾ ਸਾਥਿ ਜਾਇ ਨ ਪਰਾਪਤਿ ਹੋਇ ॥੧॥ ਸਾਚਾ ਧਨੁ ਗੁਰਮਤੀ ਪਾਏ ॥ ਕਾਚਾ ਧਨੁ ਫੁਨਿ ਆਵੈ ਜਾਏ ॥ ਰਹਾਉ ॥ ਮਨਮੁਖਿ ਭੂਲੇ ਸਭਿ ਮਰਹਿ ਗਵਾਰ ॥ ਭਵਜਲਿ ਡੂਬੇ ਨ ਉਰਵਾਰਿ ਨ ਪਾਰਿ ॥ ਸਤਿਗੁਰੁ ਭੇਟੇ ਪੂਰੈ ਭਾਗਿ ॥ ਸਾਚਿ ਰਤੇ ਅਹਿਨਿਸਿ ਬੈਰਾਗਿ ॥੨॥ ਚਹੁ ਜੁਗ ਮਹਿ ਅੰਮ੍ਰਿਤੁ ਸਾਚੀ ਬਾਣੀ ॥ ਪੂਰੈ ਭਾਗਿ ਹਰਿ ਨਾਮਿ ਸਮਾਣੀ ॥ ਸਿਧ ਸਾਧਿਕ ਤਰਸਹਿ ਸਭਿ ਲੋਇ ॥ ਪੂਰੈ ਭਾਗਿ ਪਰਾਪਤਿ ਹੋਇ ॥੩॥ ਸਭੁ ਕਿਛੁ ਸਾਚਾ ਸਾਚਾ ਹੈ ਸੋਇ ॥ ਊਤਮ ਬ੍ਰਹਮੁ ਪਛਾਣੈ ਕੋਇ ॥ ਸਚੁ ਸਾਚਾ ਸਚੁ ਆਪਿ ਦ੍ਰਿੜਾਏ ॥ ਨਾਨਕ ਆਪੇ ਵੇਖੈ ਆਪੇ ਸਚਿ ਲਾਏ ॥੪॥੭॥ {ਪੰਨਾ 665}

ਪਦਅਰਥ:- ਕਾਚਾ—ਕੱਚਾ, ਟੁੱਟ ਜਾਣ ਵਾਲਾ, ਨਾਸ ਹੋ ਜਾਣ ਵਾਲਾ । ਸੰਚਹਿ—ਇਕੱਠਾ ਕਰਦੇ ਹਨ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਭੂਲੇ—ਕੁਰਾਹੇ ਪਏ ਹੋਏ । ਅੰਧ—(ਮਾਇਆ ਦੇ ਮੋਹ ਵਿਚ) ਅੰਨ੍ਹੇ । ਬਿਖਿਆ—ਮਾਇਆ । ਕੈ ਧਨਿ—ਦੇ ਧਨ ਨਾਲ । ਪਰਾਪਤਿ—ਰਜੇਵਾਂ, ਤਸੱਲੀ, ਸੰਤੋਖ ।੧।

ਸਾਚਾ—ਸਦਾ ਕਾਇਮ ਰਹਿਣ ਵਾਲਾ । ਗੁਰਮਤੀ—ਗੁਰੂ ਦੀ ਮਤਿ ਉੱਤੇ ਤੁਰ ਕੇ । ਫੁਨਿ—ਮੁੜ ਮੁੜ । ਆਵੈ—ਮਿਲਦਾ ਹੈ, ਲੱਭਦਾ ਹੈ । ਜਾਏ—ਹੱਥੋਂ ਖੁੱਸ ਜਾਂਦਾ ਹੈ ।ਰਹਾਉ।

ਸਭਿ—ਸਾਰੇ । ਮਰਹਿ—ਆਤਮਕ ਜੀਵਨ ਗਵਾ ਲੈਂਦੇ ਹਨ । ਭਵਜਲਿ—ਸੰਸਾਰ-ਸਮੁੰਦਰ ਵਿਚ । ਉਰਵਾਰਿ—ਉਰਲੇ ਬੰਨੇ । ਪਾਰਿ—ਪਾਰਲੇ ਬੰਨੇ । ਭੇਟੇ—ਮਿਲਦਾ ਹੈ । ਭਾਗਿ—ਕਿਸਮਤ ਨਾਲ । ਸਾਚਿ—ਸਦਾ-ਥਿਰ ਹਰਿ-ਨਾਮ ਵਿਚ । ਰਤੇ—ਮਸਤ । ਅਹਿ—ਦਿਨ । ਨਿਸਿ—ਰਾਤ । ਬੈਰਾਗਿ—ਵੈਰਾਗ ਵਿਚ ।੨।

ਚਹੁ ਜੁਗ ਮਹਿ—ਚੌਹਾਂ ਜੁਗਾਂ ਵਿਚ, ਸਦਾ ਹੀ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ । ਸਾਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ । ਨਾਮਿ—ਨਾਮ ਵਿਚ । ਸਿਧ—ਕਰਾਮਾਤੀ ਜੋਗੀ । ਸਾਧਿਕ—ਸਾਧਨਾਂ ਕਰਨ ਵਾਲੇ । ਸਭਿ—ਸਾਰੇ । ਲੋਇ—ਲੋਕ ਵਿਚ, ਜਗਤ ਵਿਚ ।੩।

ਸਭੁ ਕਿਛੁ—ਹਰੇਕ ਚੀਜ਼ । ਸਾਚਾ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਸੋਇ—ਉਹ (ਪ੍ਰਭੂ) ਹੀ । ਕੋਇ—ਕੋਈ ਵਿਰਲਾ ਮਨੁੱਖ । ਪਛਾਣੈ—ਸਾਂਝ ਪਾਂਦਾ ਹੈ । ਸਚੁ ਸਾਚਾ—ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਸਚੁ—ਸਦਾ-ਥਿਰ ਹਰਿ-ਨਾਮ । ਦ੍ਰਿੜਾਏ—(ਹਿਰਦੇ ਵਿਚ) ਪੱਕਾ ਕਰਦਾ ਹੈ । ਆਪੇ—ਆਪ ਹੀ । ਵੇਖੈ—ਸੰਭਾਲ ਕਰਦਾ ਹੈ । ਸਚਿ—ਸਦਾ-ਥਿਰ ਨਾਮ ਵਿਚ ।੪।

ਅਰਥ:- ਜੇਹੜਾ ਮਨੁੱਖ ਗੁਰੂ ਦੀ ਮਤਿ ਉਤੇ ਤੁਰਦਾ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ-ਧਨ ਹਾਸਲ ਕਰ ਲੈਂਦਾ ਹੈ । (ਪਰ ਦੁਨੀਆ ਵਾਲਾ) ਨਾਸਵੰਤ ਧਨ ਕਦੇ ਮਨੁੱਖ ਨੂੰ ਮਿਲ ਜਾਂਦਾ ਹੈ ਕਦੇ ਹੱਥੋਂ ਨਿਕਲ ਜਾਂਦਾ ਹੈ ।ਰਹਾਉ।

ਹੇ ਭਾਈ! ਮੂਰਖ ਅੰਞਾਣ ਲੋਕ (ਸਿਰਫ਼ ਦੁਨੀਆ ਵਾਲਾ) ਨਾਸਵੰਤ ਧਨ (ਹੀ) ਜੋੜਦੇ ਰਹਿੰਦੇ ਹਨ । ਆਪਣੇ ਮਨ ਦੇ ਪਿੱਛੇ ਤੁਰਨ ਵਾਲੇ, ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਹੋਏ ਮਨੁੱਖ ਕੁਰਾਹੇ ਪਏ ਰਹਿੰਦੇ ਹਨ । ਹੇ

ਭਾਈ! ਮਾਇਆ ਦੇ ਧਨ ਨਾਲ ਸਦਾ ਦੁੱਖ (ਹੀ) ਮਿਲਦਾ ਹੈ । ਇਹ ਧਨ ਨਾਹ ਹੀ ਮਨੁੱਖ ਦੇ ਨਾਲ ਜਾਂਦਾ ਹੈ, ਅਤੇ, ਨਾਹ ਹੀ (ਇਸ ਨੂੰ ਜੋੜ ਜੋੜ ਕੇ) ਸੰਤੋਖ ਪ੍ਰਾਪਤ ਹੁੰਦਾ ਹੈ ।੧।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ (ਮਾਇਆ ਦੇ ਮੋਹ ਦੇ ਕਾਰਨ) ਕੁਰਾਹੇ ਪੈ ਕੇ ਸਭ ਆਤਮਕ ਮੌਤ ਸਹੇੜ ਲੈਂਦੇ ਹਨ, ਸੰਸਾਰ-ਸਮੁੰਦਰ ਵਿਚ ਡੁੱਬ ਜਾਂਦੇ ਹਨ, ਨਾਹ ਉਰਲੇ ਬੰਨੇ ਰਹਿੰਦੇ ਹਨ, ਨਾਹ ਪਾਰਲੇ ਬੰਨੇ (ਨਾਹ ਇਹ ਮਾਇਆ ਸਾਥ ਤੋੜ ਨਿਬਾਹੁੰਦੀ ਹੈ, ਨਾਹ ਨਾਮ-ਧਨ ਜੋੜਿਆ ਹੁੰਦਾ ਹੈ) । ਜਿਨ੍ਹਾਂ ਮਨੁੱਖਾਂ ਨੂੰ ਪੂਰੀ ਕਿਸਮਤ ਨਾਲ ਗੁਰੂ ਮਿਲ ਪੈਂਦਾ ਹੈ ਉਹ ਦਿਨ ਰਾਤ (ਹਰ ਵੇਲੇ) ਸਦਾ-ਥਿਰ ਹਰਿ-ਨਾਮ ਵਿਚ ਮਗਨ ਰਹਿੰਦੇ ਹਨ (ਨਾਮ ਦੀ ਬਰਕਤਿ ਨਾਲ ਮਾਇਆ ਵਲੋਂ) ਉਪਰਾਮਤਾ ਵਿਚ ਟਿਕੇ ਰਹਿੰਦੇ ਹਨ ।੨।

ਹੇ ਭਾਈ! ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਗੁਰਬਾਣੀ ਸਦਾ ਹੀ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਵੰਡਦੀ ਹੈ), ਪੂਰੀ ਕਿਸਮਤ ਨਾਲ (ਮਨੁੱਖ ਇਸ ਬਾਣੀ ਦੀ ਬਰਕਤਿ ਨਾਲ) ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਂਦਾ ਹੈ । ਹੇ ਭਾਈ! ਕਰਾਮਾਤੀ ਜੋਗੀ ਤੇ ਸਾਧਨਾਂ ਕਰਨ ਵਾਲੇ ਜੋਗੀ ਸਾਰੇ ਹੀ ਜਗਤ ਵਿਚ (ਇਸ ਬਾਣੀ ਦੀ ਖ਼ਾਤਰ) ਤਰਲੇ ਲੈਂਦੇ ਹਨ, ਪਰ ਪੂਰੀ ਕਿਸਮਤ ਨਾਲ ਹੀ ਮਿਲਦੀ ਹੈ ।੩।

ਹੇ ਭਾਈ! ਜੇਹੜਾ ਕੋਈ ਵਿਰਲਾ ਮਨੁੱਖ ਪਵਿੱਤ੍ਰ-ਸਰੂਪ ਪਰਮਾਤਮਾ ਨਾਲ ਸਾਂਝ ਪਾਂਦਾ ਹੈ ਉਸ ਨੂੰ ਹਰੇਕ ਸ਼ੈ ਉਸ ਸਦਾ-ਥਿਰ ਪ੍ਰਭੂ ਦਾ ਰੂਪ ਦਿੱਸਦੀ ਹੈ, ਉਸ ਨੂੰ ਹਰ ਥਾਂ ਉਹ ਸਦਾ-ਥਿਰ ਪ੍ਰਭੂ ਹੀ ਵੱਸਦਾ ਦਿੱਸਦਾ ਹੈ । ਹੇ ਨਾਨਕ! ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਆਪਣਾ ਸਦਾ-ਥਿਰ ਨਾਮ ਆਪ ਹੀ (ਮਨੁੱਖ ਦੇ ਹਿਰਦੇ ਵਿਚ) ਪੱਕਾ ਕਰਦਾ ਹੈ । ਉਹ ਆਪ ਹੀ (ਸਭ ਦੀ) ਸੰਭਾਲ ਕਰਦਾ ਹੈ, ਤੇ, ਆਪ ਹੀ (ਜੀਵਾਂ ਨੂੰ) ਆਪਣੇ ਸਦਾ-ਥਿਰ ਨਾਮ ਵਿਚ ਜੋੜਦਾ ਹੈ ।੪।੭।

ਧਨਾਸਰੀ ਮਹਲਾ ੩ ॥ ਨਾਵੈ ਕੀ ਕੀਮਤਿ ਮਿਤਿ ਕਹੀ ਨ ਜਾਇ ॥ ਸੇ ਜਨ ਧੰਨੁ ਜਿਨ ਇਕ ਨਾਮਿ ਲਿਵ ਲਾਇ ॥ ਗੁਰਮਤਿ ਸਾਚੀ ਸਾਚਾ ਵੀਚਾਰੁ ॥ ਆਪੇ ਬਖਸੇ ਦੇ ਵੀਚਾਰੁ ॥੧॥ ਹਰਿ ਨਾਮੁ ਅਚਰਜੁ ਪ੍ਰਭੁ ਆਪਿ ਸੁਣਾਏ ॥ ਕਲੀ ਕਾਲ ਵਿਚਿ ਗੁਰਮੁਖਿ ਪਾਏ ॥੧॥ ਰਹਾਉ ॥ ਹਮ ਮੂਰਖ ਮੂਰਖ ਮਨ ਮਾਹਿ ॥ ਹਉਮੈ ਵਿਚਿ ਸਭ ਕਾਰ ਕਮਾਹਿ ॥ ਗੁਰ ਪਰਸਾਦੀ ਹੰਉਮੈ ਜਾਇ ॥ ਆਪੇ ਬਖਸੇ ਲਏ ਮਿਲਾਇ ॥੨॥ ਬਿਖਿਆ ਕਾ ਧਨੁ ਬਹੁਤੁ ਅਭਿਮਾਨੁ ॥ ਅਹੰਕਾਰਿ ਡੂਬੈ ਨ ਪਾਵੈ ਮਾਨੁ ॥ ਆਪੁ ਛੋਡਿ ਸਦਾ ਸੁਖੁ ਹੋਈ ॥ ਗੁਰਮਤਿ ਸਾਲਾਹੀ ਸਚੁ ਸੋਈ ॥੩॥ ਆਪੇ ਸਾਜੇ ਕਰਤਾ ਸੋਇ ॥ ਤਿਸੁ ਬਿਨੁ ਦੂਜਾ ਅਵਰੁ ਨ ਕੋਇ ॥ ਜਿਸੁ ਸਚਿ ਲਾਏ ਸੋਈ ਲਾਗੈ ॥ ਨਾਨਕ ਨਾਮਿ ਸਦਾ ਸੁਖੁ ਆਗੈ ॥੪॥੮॥ {ਪੰਨਾ 666}

ਪਦਅਰਥ:- ਨਾਵੈ ਕੀ—(ਪਰਮਾਤਮਾ ਦੇ) ਨਾਮ ਦੀ । ਮਿਤਿ—ਮਾਪ, ਮਰਜਾਦਾ । ਸੇ—ਉਹ {ਬਹੁ-ਵਚਨ} । ਧੰਨੁ—ਭਾਗਾਂ ਵਾਲੇ । ਨਾਮਿ—ਨਾਮ ਵਿਚ । ਲਿਵ—ਲਗਨ । ਸਾਚੀ—ਅਟੱਲ, ਕਦੇ ਉਕਾਈ ਨਾਹ ਖਾਣ ਵਾਲੀ । ਸਾਚਾ ਵੀਚਾਰੁ—ਸਦਾ-ਥਿਰ ਪ੍ਰਭੂ ਦੇ ਗੁਣਾਂ ਦਾ ਵਿਚਾਰ । ਦੇ—ਦੇਂਦਾ ਹੈ ।੧।

ਅਚਰਜੁ—ਹੈਰਾਨ ਕਰਨ ਵਾਲਾ । ਕਲੀ ਕਾਲ ਵਿਚਿ—ਝਗੜਿਆਂ-ਭਰੇ ਜੀਵਨ-ਸਮੇ ਵਿਚ ।੧।ਰਹਾਉ।

ਹਮ—ਅਸੀ ਜੀਵ । ਮਨ ਮਾਹਿ—(ਜੇ) ਮਨ ਵਿਚ (ਵਿਚਾਰ ਕਰ ਵੇਖੀਏ) । ਕਮਾਹਿ—(ਅਸੀ) ਕਰਦੇ ਹਾਂ । ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ ਹੀ । ਆਪੇ—(ਪ੍ਰਭੂ) ਆਪ ਹੀ ।੨।

ਬਿਖਿਆ—ਮਾਇਆ । ਅਭਿਮਾਨੁ—ਅਹੰਕਾਰ । ਅਹੰਕਾਰਿ—ਅਹੰਕਾਰ ਵਿਚ । ਮਾਨੁ—ਆਦਰ । ਆਪੁ—ਆਪਾ-ਭਾਵ । ਸਾਲਾਹੀ—ਸਾਲਾਹੀਂ, ਮੈਂ ਸਲਾਹੁੰਦਾ ਹਾਂ । ਸਚੁ—ਸਦਾ-ਥਿਰ ਪ੍ਰਭੂ ।੩।

ਸਾਜੇ—ਪੈਦਾ ਕਰਦਾ ਹੈ । ਸਚਿ—ਸਦਾ-ਥਿਰ ਨਾਮ ਵਿਚ । ਨਾਮਿ—ਨਾਮ ਵਿਚ (ਜੁੜਿਆਂ) । ਆਗੈ—ਪਰਲੋਕ ਵਿਚ (ਭੀ) ।੪।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਹੈਰਾਨ ਕਰਨ ਵਾਲੀ ਤਾਕਤ ਵਾਲਾ ਹੈ । (ਪਰ ਇਹ ਨਾਮ) ਪ੍ਰਭੂ ਆਪ ਹੀ (ਕਿਸੇ ਵਡ-ਭਾਗੀ ਨੂੰ) ਸੁਣਾਂਦਾ ਹੈ । ਇਸ ਝਗੜਿਆਂ-ਭਰੇ ਜੀਵਨ-ਸਮੇ ਵਿਚ ਉਹੀ ਮਨੁੱਖ ਹਰਿ-ਨਾਮ ਪ੍ਰਾਪਤ ਕਰਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ ।੧।ਰਹਾਉ।

ਹੇ ਭਾਈ! ਇਹ ਨਹੀਂ ਦੱਸਿਆ ਜਾ ਸਕਦਾ ਕਿ ਪਰਮਾਤਮਾ ਦਾ ਨਾਮ ਕਿਸ ਮੁੱਲ ਤੋਂ ਮਿਲ ਸਕਦਾ ਹੈ ਅਤੇ ਇਹ ਨਾਮ ਕਿਤਨੀ ਤਾਕਤ ਵਾਲਾ ਹੈ । ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜੀ ਹੋਈ ਹੈ ਉਹ ਭਾਗਾਂ ਵਾਲੇ ਹਨ । ਜੇਹੜਾ ਮਨੁੱਖ ਕਦੇ ਉਕਾਈ ਨਾਹ ਖਾਣ ਵਾਲੀ ਗੁਰੂ ਦੀ ਮਤਿ ਗ੍ਰਹਣ ਕਰਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਗੁਣਾਂ ਦੀ ਵਿਚਾਰ (ਆਪਣੇ ਅੰਦਰ) ਵਸਾਂਦਾ ਹੈ । ਪਰ ਇਹ ਵਿਚਾਰ ਪ੍ਰਭੂ ਉਸ ਨੂੰ ਹੀ ਦੇਂਦਾ ਹੈ ਜਿਸ ਉਤੇ ਆਪ ਹੀ ਬਖ਼ਸ਼ਸ਼ ਕਰਦਾ ਹੈ ।੧।

ਹੇ ਭਾਈ! ਅਸੀ ਜੀਵ (ਆਪਣਾ) ਹਰੇਕ ਕੰਮ ਹਉਮੈ ਦੇ ਆਸਰੇ ਹੀ ਕਰਦੇ ਹਾਂ, (ਸੋ ਜੋ ਅਸੀ ਆਪਣੇ) ਮਨ ਵਿਚ (ਗਹੁ ਨਾਲ ਵਿਚਾਰੀਏ ਤਾਂ ਇਸ ਹਉਮੈ ਦੇ ਕਾਰਨ) ਅਸੀ ਨਿਰੋਲ ਮੂਰਖ ਹਾਂ । ਇਹ ਹਉਮੈ (ਸਾਡੇ ਅੰਦਰੋਂ) ਗੁਰੂ ਦੀ ਕਿਰਪਾ ਨਾਲ ਹੀ ਦੂਰ ਹੋ ਸਕਦੀ ਹੈ । (ਗੁਰੂ ਭੀ ਉਸੇ ਨੂੰ) ਮਿਲਾਂਦਾ ਹੈ ਜਿਸ ਉਤੇ ਪ੍ਰਭੂ ਆਪ ਹੀ ਮੇਹਰ ਕਰਦਾ ਹੈ ।੨।

(ਹੇ ਭਾਈ! ਇਹ ਦੁਨੀਆ ਵਾਲਾ) ਮਾਇਆ ਦਾ ਧਨ (ਮਨੁੱਖ ਦੇ ਮਨ ਵਿਚ) ਬੜਾ ਅਹੰਕਾਰ (ਪੈਦਾ ਕਰਦਾ ਹੈ) । ਤੇ, ਜੇਹੜਾ ਮਨੁੱਖ ਅਹੰਕਾਰ ਵਿਚ ਡੁੱਬਾ ਰਹਿੰਦਾ ਹੈ ਉਹ (ਪ੍ਰਭੂ ਦੀ ਹਜ਼ੂਰੀ ਵਿਚ) ਆਦਰ ਨਹੀਂ ਪਾਂਦਾ । ਹੇ ਭਾਈ! ਆਪਾ-ਭਾਵ ਛੱਡ ਕੇ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ । ਹੇ ਭਾਈ! ਮੈਂ ਤਾਂ ਗੁਰੂ ਦੀ ਮਤਿ ਲੈ ਕੇ ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹਾਂ ।੩।

ਹੇ ਭਾਈ! ਉਹ ਕਰਤਾਰ ਆਪ ਹੀ (ਸਾਰੀ ਸ੍ਰਿਸ਼ਟੀ ਨੂੰ) ਪੈਦਾ ਕਰਦਾ ਹੈ, ਉਸ ਤੋਂ ਬਿਨਾ ਕੋਈ ਹੋਰ (ਇਹੋ ਜਿਹੀ ਅਵਸਥਾ ਵਾਲਾ) ਨਹੀਂ ਹੈ । ਉਹ ਕਰਤਾਰ ਜਿਸ ਮਨੁੱਖ ਨੂੰ (ਆਪਣੇ) ਸਦਾ-ਥਿਰ ਨਾਮ ਵਿਚ ਜੋੜਦਾ ਹੈ, ਉਹੀ ਮਨੁੱਖ (ਨਾਮ-ਸਿਮਰਨ ਵਿਚ) ਲੱਗਦਾ ਹੈ । ਹੇ ਨਾਨਕ! ਜੇਹੜਾ ਮਨੁੱਖ ਨਾਮ ਵਿਚ ਲੱਗਦਾ ਹੈ ਉਸ ਨੂੰ ਸਦਾ ਹੀ ਆਤਮਕ ਆਨੰਦ ਬਣਿਆ ਰਹਿੰਦਾ ਹੈ (ਇਸ ਲੋਕ ਵਿਚ ਭੀ, ਤੇ) ਪਰਲੋਕ ਵਿਚ ਭੀ ।੪।੮।

ਰਾਗੁ ਧਨਾਸਿਰੀ ਮਹਲਾ ੩ ਘਰੁ ੪ ੴ ਸਤਿਗੁਰ ਪ੍ਰਸਾਦਿ ॥ ਹਮ ਭੀਖਕ ਭੇਖਾਰੀ ਤੇਰੇ ਤੂ ਨਿਜ ਪਤਿ ਹੈ ਦਾਤਾ ॥ ਹੋਹੁ ਦੈਆਲ ਨਾਮੁ ਦੇਹੁ ਮੰਗਤ ਜਨ ਕੰਉ ਸਦਾ ਰਹਉ ਰੰਗਿ ਰਾਤਾ ॥੧॥ ਹੰਉ ਬਲਿਹਾਰੈ ਜਾਉ ਸਾਚੇ ਤੇਰੇ ਨਾਮ ਵਿਟਹੁ ॥ ਕਰਣ ਕਾਰਣ ਸਭਨਾ ਕਾ ਏਕੋ ਅਵਰੁ ਨ ਦੂਜਾ ਕੋਈ ॥੧॥ ਰਹਾਉ ॥ ਬਹੁਤੇ ਫੇਰ ਪਏ ਕਿਰਪਨ ਕਉ ਅਬ ਕਿਛੁ ਕਿਰਪਾ ਕੀਜੈ ॥ ਹੋਹੁ ਦਇਆਲ ਦਰਸਨੁ ਦੇਹੁ ਅਪੁਨਾ ਐਸੀ ਬਖਸ ਕਰੀਜੈ ॥੨॥ ਭਨਤਿ ਨਾਨਕ ਭਰਮ ਪਟ ਖੂਲ੍ਹੇ ਗੁਰ ਪਰਸਾਦੀ ਜਾਨਿਆ ॥ ਸਾਚੀ ਲਿਵ ਲਾਗੀ ਹੈ ਭੀਤਰਿ ਸਤਿਗੁਰ ਸਿਉ ਮਨੁ ਮਾਨਿਆ ॥੩॥੧॥੯॥ {ਪੰਨਾ 666}

ਪਦਅਰਥ:- ਹਮ—ਅਸੀ ਜੀਵ । ਭੀਖਕ—ਮੰਗਤੇ । ਭੇਖਾਰੀ—ਮੰਗਤੇ । ਨਿਜ ਪਤਿ—ਆਪਣੇ ਆਪ ਦਾ ਮਾਲਕ, ਸੁਤੰਤਰ । ਦਾਤਾ—ਦਾਤਾਂ ਦੇਣ ਵਾਲਾ । ਦੈਆਲ—ਦਇਆਵਾਨ । ਕੰਉ—ਨੂੰ । ਰਹਉ—ਰਹਉਂ, ਮੈਂ ਰਹਾਂ । ਰੰਗਿ—ਰੰਗ ਵਿਚ । ਰਾਤਾ—ਰੰਗਿਆ ਹੋਇਆ ।੧।

ਬਲਿਹਾਰੈ—ਕੁਰਬਾਨ । ਜਾਉ—ਜਾਉਂ, ਮੈਂ ਜਾਂਦਾ ਹਾਂ । ਵਿਟਹੁ—ਤੋਂ । ਕਰਣ ਕਾਰਣ—ਜਗਤ ਦਾ ਮੂਲ ।੧।ਰਹਾਉ।

ਫੇਰ—ਗੇੜ । ਕਿਰਪਨ ਕਉ—ਕੰਜੂਸ ਨੂੰ, ਮਾਇਆ-ਵੇੜ੍ਹੇ ਨੂੰ । ਕੀਜੈ—ਕਰ । ਬਖਸ—ਬਖ਼ਸ਼ਸ਼ ।੨।

ਭਨਤਿ—ਆਖਦਾ ਹੈ । ਭਰਮ ਪਟ—ਭਰਮ ਦੇ ਪੜਦੇ । ਪਰਸਾਦੀ—ਕਿਰਪਾ ਨਾਲ । ਜਾਨਿਆ—ਸਾਂਝ ਪਾ ਲਈ । ਸਾਚੀ—ਸਦਾ ਕਾਇਮ ਰਹਿਣ ਵਾਲੀ । ਲਿਵ—ਲਗਨ । ਭੀਤਰਿ—ਅੰਦਰ, ਮਨ ਵਿਚ । ਸਿਉ—ਨਾਲ ।੩।

ਅਰਥ:- ਹੇ ਪ੍ਰਭੂ! ਮੈਂ ਤੇਰੇ ਸਦਾ ਕਾਇਮ ਰਹਿਣ ਵਾਲੇ ਨਾਮ ਤੋਂ ਸਦਕੇ ਜਾਂਦਾ ਹਾਂ । ਤੂੰ ਸਾਰੇ ਜਗਤ ਦਾ ਮੂਲ ਹੈਂ; ਤੂੰ ਹੀ ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈਂ ਕੋਈ ਹੋਰ (ਤੇਰੇ ਵਰਗਾ) ਨਹੀਂ ਹੈ ।੧।ਰਹਾਉ।

ਹੇ ਪ੍ਰਭੂ! ਅਸੀ ਜੀਵ ਤੇਰੇ (ਦਰ ਦੇ) ਮੰਗਤੇ ਹਾਂ, ਤੂੰ ਸੁਤੰਤਰ ਰਹਿ ਕੇ ਸਭ ਨੂੰ ਦਾਤਾਂ ਦੇਣ ਵਾਲਾ ਹੈਂ । ਹੇ ਪ੍ਰਭੂ! ਮੇਰੇ ਉਤੇ ਦਇਆਵਾਨ ਹੋ । ਮੈਨੂੰ ਮੰਗਤੇ ਨੂੰ ਆਪਣਾ ਨਾਮ ਦੇਹ (ਤਾ ਕਿ) ਮੈਂ ਸਦਾ ਤੇਰੇ ਪ੍ਰੇਮ-ਰੰਗ ਵਿਚ ਰੰਗਿਆ ਰਹਾਂ ।੧।

ਹੇ ਪ੍ਰਭੂ! ਮੈਨੂੰ ਮਾਇਆ-ਵੇੜ੍ਹੇ ਨੂੰ (ਹੁਣ ਤਕ ਮਰਨ ਦੇ) ਅਨੇਕਾਂ ਗੇੜ ਪੈ ਚੁਕੇ ਹਨ, ਹੁਣ ਤਾਂ ਮੇਰੇ ਉਤੇ ਕੁਝ ਮੇਹਰ ਕਰ । ਹੇ ਪ੍ਰਭੂ! ਮੇਰੇ ਉਤੇ ਦਇਆਵਾਨ ਹੋ । ਮੇਰੇ ਉਤੇ ਇਹੋ ਜਿਹੀ ਬਖ਼ਸ਼ਸ਼ ਕਰ ਕਿ ਮੈਨੂੰ ਆਪਣਾ ਦੀਦਾਰ ਬਖ਼ਸ਼ ।੨।

ਹੇ ਭਾਈ! ਨਾਨਕ ਆਖਦਾ ਹੈ—ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ ਭਰਮ ਦੇ ਪਰਦੇ ਖੁਲ੍ਹ ਜਾਂਦੇ ਹਨ, ਉਸ ਦੀ (ਪਰਮਾਤਮਾ ਨਾਲ) ਡੂੰਘੀ ਸਾਂਝ ਬਣ ਜਾਂਦੀ ਹੈ । ਉਸ ਦੇ ਹਿਰਦੇ ਵਿਚ (ਪਰਮਾਤਮਾ ਨਾਲ) ਸਦਾ ਕਾਇਮ ਰਹਿਣ ਵਾਲੀ ਲਗਨ ਲੱਗ ਜਾਂਦੀ ਹੈ, ਗੁਰੂ ਨਾਲ ਉਸ ਦਾ ਮਨ ਪਤੀਜ ਜਾਂਦਾ ਹੈ ।੩।੧।੯।

ਨੋਟ—ਅੰਕ ੧ ਦਾ ਭਾਵ ਇਹ ਹੈ ਕਿ ਇਹ ਇੱਕ ਸ਼ਬਦ 'ਘਰੁ ੪' ਦਾ ਹੈ ।

ਗੁਰੂ ਰਾਮਦਾਸ ਜੀ ਦੇ ਇਸ ਰਾਗ ਵਿਚ ਕੁੱਲ ੯ ਸ਼ਬਦ ਹਨ ।

ਧਨਾਸਰੀ ਮਹਲਾ ੪ ਘਰੁ ੧ ਚਉਪਦੇ ੴ ਸਤਿਗੁਰ ਪ੍ਰਸਾਦਿ ॥ ਜੋ ਹਰਿ ਸੇਵਹਿ ਸੰਤ ਭਗਤ ਤਿਨ ਕੇ ਸਭਿ ਪਾਪ ਨਿਵਾਰੀ ॥ ਹਮ ਊਪਰਿ ਕਿਰਪਾ ਕਰਿ ਸੁਆਮੀ ਰਖੁ ਸੰਗਤਿ ਤੁਮ ਜੁ ਪਿਆਰੀ ॥੧॥ ਹਰਿ ਗੁਣ ਕਹਿ ਨ ਸਕਉ ਬਨਵਾਰੀ ॥ ਹਮ ਪਾਪੀ ਪਾਥਰ ਨੀਰਿ ਡੁਬਤ ਕਰਿ ਕਿਰਪਾ ਪਾਖਣ ਹਮ ਤਾਰੀ ॥ ਰਹਾਉ ॥ ਜਨਮ ਜਨਮ ਕੇ ਲਾਗੇ ਬਿਖੁ ਮੋਰਚਾ ਲਗਿ ਸੰਗਤਿ ਸਾਧ ਸਵਾਰੀ ॥ ਜਿਉ ਕੰਚਨੁ ਬੈਸੰਤਰਿ ਤਾਇਓ ਮਲੁ ਕਾਟੀ ਕਟਿਤ ਉਤਾਰੀ ॥੨॥ ਹਰਿ ਹਰਿ ਜਪਨੁ ਜਪਉ ਦਿਨੁ ਰਾਤੀ ਜਪਿ ਹਰਿ ਹਰਿ ਹਰਿ ਉਰਿ ਧਾਰੀ ॥ ਹਰਿ ਹਰਿ ਹਰਿ ਅਉਖਧੁ ਜਗਿ ਪੂਰਾ ਜਪਿ ਹਰਿ ਹਰਿ ਹਉਮੈ ਮਾਰੀ ॥੩॥ ਹਰਿ ਹਰਿ ਅਗਮ ਅਗਾਧਿ ਬੋਧਿ ਅਪਰੰਪਰ ਪੁਰਖ ਅਪਾਰੀ ॥ ਜਨ ਕਉ ਕ੍ਰਿਪਾ ਕਰਹੁ ਜਗਜੀਵਨ ਜਨ ਨਾਨਕ ਪੈਜ ਸਵਾਰੀ ॥੪॥੧॥ {ਪੰਨਾ 666}

ਨੋਟ—ਚਉਪਦੇ—ਚਾਰ ਬੰਦਾਂ ਵਾਲੇ ਸ਼ਬਦ ।

ਪਦਅਰਥ:- ਸੇਵਹਿ—ਸੇਂਵਦੇ ਹਨ, ਸਿਮਰਦੇ ਹਨ । ਸਭਿ—ਸਾਰੇ । ਨਿਵਾਰੀ—ਦੂਰ ਕਰਨ ਵਾਲਾ । ਸੁਆਮੀ—ਹੇ ਮਾਲਕ ਪ੍ਰਭੂ! ਤੁਮ ਜੁ ਪਿਆਰੀ—ਜੇਹੜੀ ਤੈਨੂੰ ਪਿਆਰੀ ਲੱਗਦੀ ਹੈ ।੧।

ਕਹਿ ਨ ਸਕਉ—ਕਹਿ ਨ ਸਕਉਂ, ਮੈਂ ਬਿਆਨ ਨਹੀਂ ਕਰ ਸਕਦਾ । ਬਨਵਾਰੀ—{vnmwil n—ਜੰਗਲੀ ਫੁੱਲਾਂ ਦੀ ਮਾਲਾ ਪਹਿਨੀ ਰੱਖਣ ਵਾਲਾ, ਕ੍ਰਿਸ਼ਨ} ਹੇ ਪਰਮਾਤਮਾ! ਨੀਰਿ—ਪਾਣੀ ਵਿਚ । ਪਾਖਣ—ਪੱਥਰ ।ਰਹਾਉ।

ਬਿਖੁ—ਜ਼ਹਰ । ਮੋਰਚਾ—ਜੰਗਾਲ । ਸਵਾਰੀ—ਸੂੱਛ ਹੋ ਜਾਂਦੀ ਹੈ । ਕੰਚਨੁ—ਸੋਨਾ । ਬੈਸੰਤਰਿ—ਅੱਗ ਵਿਚ । ਤਾਇਓ—ਤਪਾਇਆ ਜਾਂਦਾ ਹੈ । ਕਾਟੀ—ਕੱਟੀ ਜਾਂਦੀ ਹੈ । ਕਟਤਿ—ਕੱਟ ਕੇ । ਉਤਾਰੀ—ਲਾਹੀ ਜਾਂਦੀ ਹੈ ।੨।

ਜਪਉ—ਜਪਉਂ, ਮੈਂ ਜਪਦਾ ਹਾਂ । ਜਪਿ—ਜਪ ਕੇ । ਉਰਿ—ਹਿਰਦੇ ਵਿਚ । ਧਾਰੀ—ਧਾਰੀਂ, ਮੈਂ ਟਿਕਾਂਦਾ ਹਾਂ । ਅਉਖਧੁ—ਦਵਾਈ । ਜਗਿ—ਜਗਤ ਵਿਚ । ਪੂਰਾ—ਕਦੇ ਨਾਹ ਖੁੰਝਣ ਵਾਲਾ ।੩।

ਅਗਮ—ਹੇ ਅਪਹੁੰਚ! ਅਗਾਧਿ ਬੋਧਿ—ਇਤਨਾ ਡੂੰਘਾ ਕਿ ਮਨੁੱਖ ਦੀ ਸਮਝ ਅੰਦਾਜ਼ਾ ਨਾਹ ਲਾ ਸਕੇ । ਅਪਰੰਪਰ—ਹੇ ਪਰੇ ਤੋਂ ਪਰੇ! ਪੁਰਖ—ਹੇ ਸਰਬ-ਵਿਆਪਕ! ਅਪਾਰੀ—ਹੇ ਬੇਅੰਤ! ਜਗ ਜੀਵਨ—ਹੇ ਜਗਤ ਦੇ ਜੀਵਨ! ਪੈਜ—ਲਾਜ ।੪।

ਅਰਥ:- ਹੇ ਹਰੀ! ਹੇ ਪ੍ਰਭੂ! ਮੈਂ ਤੇਰੇ ਗੁਣ ਬਿਆਨ ਨਹੀਂ ਕਰ ਸਕਦਾ । ਅਸੀ ਜੀਵ ਪਾਪੀ ਹਾਂ, ਪਾਪਾਂ ਵਿਚ ਡੁੱਬੇ ਰਹਿੰਦੇ ਹਾਂ, ਜਿਵੇਂ ਪੱਥਰ ਪਾਣੀ ਵਿਚ ਡੁੱਬੇ ਰਹਿੰਦੇ ਹਨ । ਮੇਹਰ ਕਰ, ਸਾਨੂੰ ਪੱਥਰਾਂ (ਪੱਥਰ-ਦਿਲਾਂ) ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ ।ਰਹਾਉ।

ਹੇ ਪ੍ਰਭੂ! ਤੇਰੇ ਜੇਹੜੇ ਸੰਤ ਜੇਹੜੇ ਭਗਤ ਤੇਰਾ ਸਿਮਰਨ ਕਰਦੇ ਹਨ, ਤੂੰ ਉਹਨਾਂ ਦੇ (ਪਿਛਲੇ ਕੀਤੇ) ਸਾਰੇ ਪਾਪ ਦੂਰ ਕਰਨ ਵਾਲਾ ਹੈਂ । ਹੇ ਮਾਲਕ-ਪ੍ਰਭੂ! ਸਾਡੇ ਉੱਤੇ ਭੀ ਮੇਹਰ ਕਰ, (ਸਾਨੂੰ ਉਸ) ਸਾਧ ਸੰਗਤਿ ਵਿਚ ਰੱਖ ਜੇਹੜੀ ਤੈਨੂੰ ਪਿਆਰੀ ਲੱਗਦੀ ਹੈ ।੧।

ਹੇ ਭਾਈ! ਜਿਵੇਂ ਸੋਨਾ ਅੱਗ ਵਿਚ ਤਪਾਇਆਂ ਉਸ ਦੀ ਸਾਰੀ ਮੈਲ ਕੱਟੀ ਜਾਂਦੀ ਹੈ, ਲਾਹ ਦਿੱਤੀ ਜਾਂਦੀ ਹੈ, ਤਿਵੇਂ ਜੀਵਾਂ ਦੇ ਅਨੇਕਾਂ ਜਨਮਾਂ ਦੇ ਚੰਬੜੇ ਹੋਏ ਪਾਪਾਂ ਦਾ ਜ਼ਹਰ ਪਾਪਾਂ ਦਾ ਜੰਗਾਲ ਸਾਧ ਸੰਗਤਿ ਦੀ ਸਰਨ ਪੈ ਕੇ ਸੋਧਿਆ ਜਾਂਦਾ ਹੈ ।

(ਹੇ ਭਾਈ! ਤਾਂਹੀਏਂ) ਮੈਂ (ਭੀ) ਦਿਨ ਰਾਤ ਪਰਮਾਤਮਾ ਦੇ ਨਾਮ ਦਾ ਜਾਪ ਜਪਦਾ ਹਾਂ, ਨਾਮ ਜਪ ਕੇ ਉਸ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹਾਂ । ਹੇ ਭਾਈ! ਪਰਮਾਤਮਾ ਦਾ ਨਾਮ ਜਗਤ ਵਿਚ ਐਸੀ ਦਵਾਈ ਹੈ ਜੋ ਆਪਣਾ ਅਸਰ ਕਰਨੋਂ ਕਦੇ ਨਹੀਂ ਖੁੰਝਦੀ । ਇਹ ਨਾਮ ਜਪ ਕੇ (ਅੰਦਰੋਂ) ਹਉਮੈ ਮੁਕਾ ਸਕੀਦੀ ਹੈ ।੩।

ਹੇ ਨਾਨਕ! (ਆਖ-) ਹੇ ਅਪਹੁੰਚ! ਹੇ ਮਨੁੱਖਾਂ ਦੀ ਸਮਝ ਤੋਂ ਪਰੇ! ਹੇ ਪਰੇ ਤੋਂ ਪਰੇ! ਹੇ ਸਰਬ-ਵਿਆਪਕ! ਹੇ ਬੇਅੰਤ! ਹੇ ਜਗਤ ਦੇ ਜੀਵਨ! ਆਪਣੇ ਦਾਸਾਂ ਉਤੇ ਮੇਹਰ ਕਰ, ਤੇ, (ਇਸ ਵਿਕਾਰ-ਭਰੇ ਸੰਸਾਰ-ਸਮੁੰਦਰ ਵਿਚੋਂ) ਦਾਸਾਂ ਦੀ ਲਾਜ ਰੱਖ ਲੈ ।੪।੧।

ਧਨਾਸਰੀ ਮਹਲਾ ੪ ॥ ਹਰਿ ਕੇ ਸੰਤ ਜਨਾ ਹਰਿ ਜਪਿਓ ਤਿਨ ਕਾ ਦੂਖੁ ਭਰਮੁ ਭਉ ਭਾਗੀ ॥ ਅਪਨੀ ਸੇਵਾ ਆਪਿ ਕਰਾਈ ਗੁਰਮਤਿ ਅੰਤਰਿ ਜਾਗੀ ॥੧॥ ਹਰਿ ਕੈ ਨਾਮਿ ਰਤਾ ਬੈਰਾਗੀ ॥ ਹਰਿ

ਹਰਿ ਕਥਾ ਸੁਣੀ ਮਨਿ ਭਾਈ ਗੁਰਮਤਿ ਹਰਿ ਲਿਵ ਲਾਗੀ ॥੧॥ ਰਹਾਉ ॥ ਸੰਤ ਜਨਾ ਕੀ ਜਾਤਿ ਹਰਿ ਸੁਆਮੀ ਤੁਮ੍ ਠਾਕੁਰ ਹਮ ਸਾਂਗੀ ॥ ਜੈਸੀ ਮਤਿ ਦੇਵਹੁ ਹਰਿ ਸੁਆਮੀ ਹਮ ਤੈਸੇ ਬੁਲਗ ਬੁਲਾਗੀ ॥੨॥ ਕਿਆ ਹਮ ਕਿਰਮ ਨਾਨ੍ ਨਿਕ ਕੀਰੇ ਤੁਮ੍ ਵਡ ਪੁਰਖ ਵਡਾਗੀ ॥ ਤੁਮ੍ਰੀ ਗਤਿ ਮਿਤਿ ਕਹਿ ਨ ਸਕਹ ਪ੍ਰਭ ਹਮ ਕਿਉ ਕਰਿ ਮਿਲਹ ਅਭਾਗੀ ॥੩॥ ਹਰਿ ਪ੍ਰਭ ਸੁਆਮੀ ਕਿਰਪਾ ਧਾਰਹੁ ਹਮ ਹਰਿ ਹਰਿ ਸੇਵਾ ਲਾਗੀ ॥ ਨਾਨਕ ਦਾਸਨਿ ਦਾਸੁ ਕਰਹੁ ਪ੍ਰਭ ਹਮ ਹਰਿ ਕਥਾ ਕਥਾਗੀ ॥੪॥੨॥ {ਪੰਨਾ 667}

ਪਦਅਰਥ:- ਭਉ—ਡਰ । ਭਾਗੀ—ਦੂਰ ਹੋ ਗਿਆ । ਸੇਵਾ—ਸੇਵਾ-ਭਗਤੀ । ਅੰਤਰਿ—ਹਿਰਦੇ ਵਿਚ ।੧।

ਨਾਮਿ—ਨਾਮ ਵਿਚ । ਰਤਾ—ਮਗਨ । ਬੈਰਾਗੀ—ਵੈਰਾਗਵਾਨ, ਮਾਇਆ ਦੇ ਮੋਹ ਤੋਂ ਨਿਰਲੇਪ । ਮਨਿ—ਮਨ ਵਿਚ । ਭਾਈ—ਚੰਗੀ ਲੱਗੀ । ਲਿਵ—ਲਗਨ ।੧।ਰਹਾਉ।

ਸਾਂਗੀ—ਸਾਂਗ-ਧਾਰੀ, ਪੂਰਨਿਆਂ ਉਤੇ ਤੁਰਨ ਵਾਲੇ । ਤੈਸੇ ਬੁਲਗ ਬੁਲਾਗੀ—ਉਹੋ ਜਿਹੇ ਬੋਲ ਹੀ ਬੋਲਦੇ ਹਾਂ ।੨।

ਕਿਆ ਹਮ—ਸਾਡੀ ਕੀਹ ਪਾਂਇਆਂ ਹੈ? ਕਿਰਮ—ਕੀੜੇ । ਨਾਨ੍—ਨੰਨ੍ਹੇ, ਬਹੁਤ ਛੋਟੇ । ਨਿਕ—ਨਿੱਕੇ ਨਿੱਕੇ । ਗਤਿ—ਆਤਮਕ ਅਵਸਥਾ । ਮਿਤਿ—ਮਾਪ, ਵਿਤ । ਕਿਉ ਕਰਿ—ਕਿਵੇਂ, ਕਿਸ ਤਰ੍ਹਾਂ? ਮਿਲਹ—ਅਸੀ ਮਿਲ ਸਕਦੇ ਹਾਂ । ਅਭਾਗੀ—ਭਾਗ-ਹੀਣ ।੩।

ਸੁਆਮੀ—ਹੇ ਸੁਆਮੀ! ਦਾਸਨਿ ਦਾਸੁ—ਦਾਸਾਂ ਦਾ ਦਾਸ । ਕਰਹੁ—ਬਣਾ ਲਵੋ । ਕਥਾਗੀ—ਕਥੀਏ ।੪।

ਅਰਥ:- ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਵਿਚ ਮਗਨ ਰਹਿੰਦਾ ਹੈ ਉਹ ਮਾਇਆ ਦੇ ਮੋਹ ਤੋਂ ਨਿਰਲੇਪ ਹੋ ਜਾਂਦਾ ਹੈ । ਉਹ (ਜਿਉਂ ਜਿਉਂ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਦਾ ਹੈ, ਉਸ ਨੂੰ ਉਹ ਮਨ ਵਿਚ ਪਿਆਰੀਆਂ ਲੱਗਦੀਆਂ ਹਨ । ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਉਸ ਦੀ ਲਗਨ ਪਰਮਾਤਮਾ ਵਿਚ ਲੱਗੀ ਰਹਿੰਦੀ ਹੈ ।੧।ਰਹਾਉ।

ਹੇ ਭਾਈ! ਪਰਮਾਤਮਾ ਦੇ ਜਿਨ੍ਹਾਂ ਸੰਤ ਜਨਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹਨਾਂ ਦਾ ਹਰੇਕ ਦੁੱਖ, ਹਰੇਕ ਭਰਮ ਹਰੇਕ ਡਰ ਦੂਰ ਹੋ ਜਾਂਦਾ ਹੈ । ਪਰਮਾਤਮਾ ਆਪ ਹੀ ਉਹਨਾਂ ਪਾਸੋਂ ਆਪਣੀ ਭਗਤੀ ਕਰਾਂਦਾ ਹੈ । (ਪਰਮਾਤਮਾ ਦੀ ਕਿਰਪਾ ਨਾਲ ਹੀ) ਉਹਨਾਂ ਦੇ ਅੰਦਰ ਗੁਰੂ ਦਾ ਉਪਦੇਸ਼ ਆਪਣਾ ਪ੍ਰਭਾਵ ਪਾਂਦਾ ਹੈ ।੧।

ਹੇ ਹਰੀ ਪ੍ਰਭੂ! (ਦੁਨੀਆ ਦੇ ਲੋਕ ਆਪਣੀ ਉੱਚੀ ਜਾਤਿ ਦਾ ਮਾਣ ਕਰਦੇ ਹਨ) ਸੰਤ ਜਨਾਂ ਦੀ ਜਾਤਿ ਤੂੰ ਆਪ ਹੀ ਹੈਂ (ਸੰਤ ਜਨ ਤੈਥੋਂ ਹੀ ਆਤਮਕ ਜੀਵਨ ਲੈਂਦੇ ਹਨ) । ਹੇ ਪ੍ਰਭੂ! ਤੂੰ ਸਾਡਾ ਮਾਲਕ ਹੈਂ, ਅਸੀ ਤੇਰੇ ਪੂਰਨਿਆਂ ਉਤੇ ਤੁਰਨ ਵਾਲੇ ਹਾਂ । ਜਿਹੋ ਜਿਹੀ ਅਕਲ ਤੂੰ ਸਾਨੂੰ ਦੇਂਦਾ ਹੈਂ, ਅਸੀ ਉਹੋ ਜਿਹੇ ਬੋਲ ਹੀ ਬੋਲਦੇ ਹਾਂ ।੨।

ਹੇ ਪ੍ਰਭੂ! ਸਾਡੀ ਕੀਹ ਪਾਂਇਆਂ ਹੈ? ਅਸੀ ਬਹੁਤ ਛੋਟੇ ਕਿਰਮ ਹਾਂ, ਨਿੱਕੇ ਨਿੱਕੇ ਕੀੜੇ ਹਾਂ, ਤੂੰ ਵੱਡਾ ਪੁਰਖ ਹੈਂ । ਅਸੀ ਜੀਵ ਇਹ ਨਹੀਂ ਦੱਸ ਸਕਦੇ ਕਿ ਤੂੰ ਕਿਹੋ ਜਿਹਾ ਹੈਂ, ਤੇ, ਕੇਡਾ ਵੱਡਾ ਹੈਂ । ਅਸੀ ਭਾਗ-ਹੀਣ ਜੀਵ (ਆਪਣੇ ਉੱਦਮ ਨਾਲ) ਤੈਨੂੰ ਕਿਵੇਂ ਮਿਲ ਸਕਦੇ ਹਾਂ? ।੩।

ਹੇ ਹਰੀ ਪ੍ਰਭੂ! ਹੇ ਮਾਲਕ! ਸਾਡੇ ਉਤੇ ਮੇਹਰ ਕਰ, ਅਸੀ ਤੇਰੀ ਸੇਵਾ-ਭਗਤੀ ਵਿਚ ਲੱਗੀਏ । ਹੇ ਨਾਨਕ!

(ਆਖ—) ਹੇ ਪ੍ਰਭੂ! ਸਾਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈ, ਅਸੀ ਤੇਰੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰਦੇ ਰਹੀਏ ।੪।੨।

ਧਨਾਸਰੀ ਮਹਲਾ ੪ ॥ ਹਰਿ ਕਾ ਸੰਤੁ ਸਤਗੁਰੁ ਸਤ ਪੁਰਖਾ ਜੋ ਬੋਲੈ ਹਰਿ ਹਰਿ ਬਾਨੀ ॥ ਜੋ ਜੋ ਕਹੈ ਸੁਣੈ ਸੋ ਮੁਕਤਾ ਹਮ ਤਿਸ ਕੈ ਸਦ ਕੁਰਬਾਨੀ ॥੧॥ ਹਰਿ ਕੇ ਸੰਤ ਸੁਨਹੁ ਜਸੁ ਕਾਨੀ ॥ ਹਰਿ ਹਰਿ ਕਥਾ ਸੁਨਹੁ ਇਕ ਨਿਮਖ ਪਲ ਸਭਿ ਕਿਲਵਿਖ ਪਾਪ ਲਹਿ ਜਾਨੀ ॥੧॥ ਰਹਾਉ ॥ ਐਸਾ ਸੰਤੁ ਸਾਧੁ ਜਿਨ ਪਾਇਆ ਤੇ ਵਡ ਪੁਰਖ ਵਡਾਨੀ ॥ ਤਿਨ ਕੀ ਧੂਰਿ ਮੰਗਹ ਪ੍ਰਭ ਸੁਆਮੀ ਹਮ ਹਰਿ ਲੋਚ ਲੁਚਾਨੀ ॥੨॥ ਹਰਿ ਹਰਿ ਸਫਲਿਓ ਬਿਰਖੁ ਪ੍ਰਭ ਸੁਆਮੀ ਜਿਨ ਜਪਿਓ ਸੇ ਤ੍ਰਿਪਤਾਨੀ ॥ ਹਰਿ ਹਰਿ ਅੰਮ੍ਰਿਤੁ ਪੀ ਤ੍ਰਿਪਤਾਸੇ ਸਭ ਲਾਥੀ ਭੂਖ ਭੁਖਾਨੀ ॥੩॥ ਜਿਨ ਕੇ ਵਡੇ ਭਾਗ ਵਡ ਊਚੇ ਤਿਨ ਹਰਿ ਜਪਿਓ ਜਪਾਨੀ ॥ ਤਿਨ ਹਰਿ ਸੰਗਤਿ ਮੇਲਿ ਪ੍ਰਭ ਸੁਆਮੀ ਜਨ ਨਾਨਕ ਦਾਸ ਦਸਾਨੀ ॥੪॥੩॥ {ਪੰਨਾ 667}

ਪਦਅਰਥ:- ਸਤੁ ਪੁਰਖਾ—ਮਹਾ ਪੁਰਖ । ਹਰਿ ਬਾਨੀ—ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਬੋਲੈ—ਉਚਾਰਦਾ ਹੈ । ਮੁਕਤਾ—ਵਿਕਾਰਾਂ ਤੋਂ ਸੁਤੰਤਰ । ਸਦ—ਸਦਾ ।੧।

ਜਸੁ—ਸਿਫ਼ਤਿ-ਸਾਲਾਹ । ਕਾਨੀ—ਕੰਨਾਂ ਨਾਲ, ਧਿਆਨ ਨਾਲ । ਨਿਮਖ—{inm—} ਅੱਖ ਝਮਕਣ ਜਿਤਨਾ ਸਮਾ । ਸਭਿ—ਸਾਰੇ । ਕਿਲਵਿਖ—ਪਾਪ ।੧।

ਸਾਧੁ—ਗੁਰੂ । ਜਿਨ—ਜਿਨ੍ਹਾਂ ਨੇ । ਤੇ—ਉਹ {ਬਹੁ-ਵਚਨ} । ਵਡ ਵਡਾਨੀ—ਵੱਡੇ । ਮੰਗਹ—ਅਸੀ ਮੰਗਦੇ ਹਾਂ । ਧੂਰਿ—ਚਰਨ-ਧੂੜ । ਲੋਚ ਲੁਚਾਨੀ—ਤਾਂਘ ਲੱਗੀ ਹੋਈ ਹੈ ।੨।

ਸਫਲਿਓ—ਫਲ ਦੇਣ ਵਾਲਾ । ਬਿਰਖੁ—ਰੁੱਖ । ਸੇ—ਉਹ ਮਨੁੱਖ {ਬਹੁ-ਵਚਨ} । ਤ੍ਰਿਪਤਾਨੀ—ਰੱਜ ਗਏ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਪੀ—ਪੀ ਕੇ । ਤ੍ਰਿਪਤਾਸੇ—ਰੱਜ ਗਏ । ਸਭ ਭੂਖ—ਸਾਰੀ ਭੁੱਖ ।੩।

ਜਪਾਨੀ—ਜਾਪ । ਪ੍ਰਭ—ਹੇ ਪ੍ਰਭੂ! ਦਾਸ ਦਸਾਨੀ—ਦਾਸਾਂ ਦਾ ਦਾਸ ।੪।

ਅਰਥ:- ਹੇ ਪਰਮਾਤਮਾ ਦੇ ਸੰਤ ਜਨੋ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਧਿਆਨ ਨਾਲ ਸੁਣਿਆ ਕਰੋ । ਅੱਖ ਝਮਕਣ ਜਿਤਨੇ ਸਮੇ ਵਾਸਤੇ, ਇਕ ਪਲ ਵਾਸਤੇ ਭੀ ਜੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣੋ, ਤਾਂ ਸਾਰੇ ਪਾਪ ਦੋਖ ਲਹਿ ਜਾਂਦੇ ਹਨ ।੧।

ਹੇ ਭਾਈ! ਗੁਰੂ ਮਹਾਂ ਪੁਰਖ ਹੈ, ਗੁਰੂ ਪਰਮਾਤਮਾ ਦਾ ਸੰਤ ਹੈ, ਜੇਹੜਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਹੈ । ਜੇਹੜਾ ਜੇਹੜਾ ਮਨੁੱਖ ਇਸ ਬਾਣੀ ਨੂੰ ਪੜ੍ਹਦਾ ਸੁਣਦਾ ਹੈ, ਉਹ ਪਾਪਾਂ ਤੋਂ ਮੁਕਤ ਹੋ ਜਾਂਦਾ ਹੈ । ਹੇ ਭਾਈ! ਮੈਂ ਉਸ ਗੁਰੂ ਤੋਂ ਸਦਾ ਸਦਕੇ ਹਾਂ ।੧।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਅਜੇਹਾ ਸੰਤ ਗੁਰੂ ਲੱਭ ਲਿਆ ਹੈ, ਉਹ ਵੱਡੇ ਮਨੁੱਖ (ਉੱਚੇ ਜੀਵਨ ਵਾਲੇ ਮਨੁੱਖ) ਬਣ ਗਏ ਹਨ । ਹੇ ਪ੍ਰਭੂ! ਹੇ ਸੁਆਮੀ! ਹੇ ਹਰੀ! ਮੈਂ ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ, ਮੈਨੂੰ ਉਹਨਾਂ ਦੀ ਚਰਨ ਧੂੜ ਦੀ ਤਾਂਘ ਹੈ ।੨।

ਹੇ ਪ੍ਰਭੂ! ਹੇ ਸੁਆਮੀ! ਹੇ ਹਰੀ! ਤੂੰ ਸਾਰੇ ਫਲ ਦੇਣ ਵਾਲਾ (ਮਾਨੋ) ਰੁੱਖ ਹੈਂ । ਜਿਨ੍ਹਾਂ ਮਨੁੱਖਾਂ ਨੇ ਤੇਰਾ ਨਾਮ

ਜਪਿਆ, ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਏ । ਹੇ ਹਰੀ! ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ, (ਭਾਗਾਂ ਵਾਲੇ ਮਨੁੱਖ ਇਹ ਜਲ) ਪੀ ਕੇ ਤ੍ਰਿਪਤ ਹੋ ਜਾਂਦੇ ਹਨ, ਉਹਨਾਂ ਦੀ ਹੋਰ ਸਾਰੀ ਭੁੱਖ ਲਹਿ ਜਾਂਦੀ ਹੈ ।੩।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਵੱਡੇ ਉੱਚੇ ਭਾਗ ਹੁੰਦੇ ਹਨ, ਉਹ ਪਰਮਾਤਮਾ ਦੇ ਨਾਮ ਦਾ ਜਾਪ ਜਪਦੇ ਹਨ । ਹੇ ਦਾਸ ਨਾਨਕ! (ਆਖ—) ਹੇ ਹਰੀ! ਹੇ ਪ੍ਰਭੂ! ਹੇ ਸੁਆਮੀ! ਮੈਨੂੰ ਉਹਨਾਂ ਦੀ ਸੰਗਤਿ ਵਿਚ ਮੇਲੀ ਰੱਖ, ਮੈਨੂੰ ਉਹਨਾਂ ਦੇ ਦਾਸਾਂ ਦਾ ਦਾਸ ਬਣਾ ਦੇ ।੪।੩।

ਧਨਾਸਰੀ ਮਹਲਾ ੪ ॥ ਹਮ ਅੰਧੁਲੇ ਅੰਧ ਬਿਖੈ ਬਿਖੁ ਰਾਤੇ ਕਿਉ ਚਾਲਹ ਗੁਰ ਚਾਲੀ ॥ ਸਤਗੁਰੁ ਦਇਆ ਕਰੇ ਸੁਖਦਾਤਾ ਹਮ ਲਾਵੈ ਆਪਨ ਪਾਲੀ ॥੧॥ ਗੁਰਸਿਖ ਮੀਤ ਚਲਹੁ ਗੁਰ ਚਾਲੀ ॥ ਜੋ ਗੁਰੁ ਕਹੈ ਸੋਈ ਭਲ ਮਾਨਹੁ ਹਰਿ ਹਰਿ ਕਥਾ ਨਿਰਾਲੀ ॥੧॥ ਰਹਾਉ ॥ ਹਰਿ ਕੇ ਸੰਤ ਸੁਣਹੁ ਜਨ ਭਾਈ ਗੁਰੁ ਸੇਵਿਹੁ ਬੇਗਿ ਬੇਗਾਲੀ ॥ ਸਤਗੁਰੁ ਸੇਵਿ ਖਰਚੁ ਹਰਿ ਬਾਧਹੁ ਮਤ ਜਾਣਹੁ ਆਜੁ ਕਿ ਕਾਲ੍ਹੀ ॥੨॥ ਹਰਿ ਕੇ ਸੰਤ ਜਪਹੁ ਹਰਿ ਜਪਣਾ ਹਰਿ ਸੰਤੁ ਚਲੈ ਹਰਿ ਨਾਲੀ ॥ ਜਿਨ ਹਰਿ ਜਪਿਆ ਸੇ ਹਰਿ ਹੋਏ ਹਰਿ ਮਿਲਿਆ ਕੇਲ ਕੇਲਾਲੀ ॥੩॥ ਹਰਿ ਹਰਿ ਜਪਨੁ ਜਪਿ ਲੋਚ ਲੋੁਚਾਨੀ ਹਰਿ ਕਿਰਪਾ ਕਰਿ ਬਨਵਾਲੀ ॥ ਜਨ ਨਾਨਕ ਸੰਗਤਿ ਸਾਧ ਹਰਿ ਮੇਲਹੁ ਹਮ ਸਾਧ ਜਨਾ ਪਗ ਰਾਲੀ ॥੪॥੪॥ {ਪੰਨਾ 667}

ਪਦਅਰਥ:- ਅੰਧੁਲੇ ਅੰਧ—ਬਹੁਤ ਹੀ ਅੰਨ੍ਹੇ । ਬਿਖੈ ਬਿਖੁ—ਮਾਇਕ ਪਦਾਰਥਾਂ ਦਾ ਜ਼ਹਰ । ਰਾਤੇ—ਮਗਨ । ਕਿਉ ਚਾਲਹ—ਅਸੀ ਕਿਵੇਂ ਚੱਲ ਸਕਦੇ ਹਾਂ? ਲਾਵੈ—ਲਾ ਲਏ । ਪਾਲੀ—ਪੱਲੇ, ਲੜ ।੧।

ਮੀਤ—ਹੇ ਮਿੱਤਰੋ! ਭਲ—ਭਲਾ । ਨਿਰਾਲੀ—ਅਨੋਖੀ, ਅਚਰਜ ।੧।ਰਹਾਉ।

ਗੁਰੁ ਸੇਵਿਹੁ—ਗੁਰੂ ਦੀ ਸਰਨ ਪੈ ਜਾਓ । ਬੇਗਿ—ਛੇਤੀ । ਬੇਗਿ ਬੇਗਾਲੀ—ਬਹੁਤ ਛੇਤੀ । ਖਰਚੁ ਹਰਿ—ਪ੍ਰਭੂ ਦਾ ਨਾਮ (ਜੀਵਨ-ਸਫ਼ਰ ਵਾਸਤੇ) ਖ਼ਰਚ । ਬਾਧਹੁ—(ਪੱਲੇ) ਬੰਨ੍ਹ ਲਵੋ । ਕਾਲ੍ਹੀ—ਕੱਲ੍ਹ, ਭਲਕੇ ।੨।

ਜਪਣਾ—ਜਾਪ । ਚਲੈ ਹਰਿ ਨਾਲੀ—ਹਰੀ ਦੀ ਰਜ਼ਾ ਵਿਚ ਤੁਰਦਾ ਹੈ । ਕੇਲ—ਚੋਜ, ਤਮਾਸ਼ੇ । ਕੇਲਾਲੀ—ਚੋਜੀ ।੩।

ਲੋੁਚਾਨੀ—{ਅਸਲ ਲਫ਼ਜ਼ 'ਲੋਚਾਨੀ' ਹੈ, ਇਥੇ 'ਲੁਚਾਨੀ' ਪੜ੍ਹਨਾ ਹੈ} । ਹਰਿ—ਹੇ ਹਰੀ! ਬਨਵਾਲੀ—ਹੇ ਬਨਵਾਲੀ, ਹੇ ਪਰਮਾਤਮਾ! ਪਗ—ਪੈਰ । ਰਾਲੀ—ਖ਼ਾਕ, ਧੂੜ ।੪।

ਅਰਥ:- ਹੇ ਗੁਰਸਿੱਖ ਮਿੱਤਰੋ! ਗੁਰੂ ਦੇ ਦੱਸੇ ਹੋਏ ਜੀਵਨ-ਰਾਹ ਤੇ ਤੁਰੋ । (ਗੁਰੂ ਆਖਦਾ ਹੈ ਕਿ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਿਆ ਕਰੋ, ਇਹ) ਜੋ ਕੁਝ ਗੁਰੂ ਆਖਦਾ ਹੈ, ਇਸ ਨੂੰ (ਆਪਣੇ ਵਾਸਤੇ) ਭਲਾ ਸਮਝੋ, (ਕਿਉਂਕਿ) ਪ੍ਰਭੂ ਦੀ ਸਿਫ਼ਤਿ-ਸਾਲਾਹ ਅਨੋਖੀ (ਤਬਦੀਲੀ ਜੀਵਨ ਵਿਚ ਪੈਦਾ ਕਰ ਦੇਂਦੀ ਹੈ) ।੧।ਰਹਾਉ।

ਹੇ ਭਾਈ! ਅਸੀ ਜੀਵ ਮਾਇਆ ਦੇ ਮੋਹ ਵਿਚ ਬਹੁਤ ਅੰਨ੍ਹੇ ਹੋ ਕੇ ਮਾਇਕ ਪਦਾਰਥਾਂ ਦੇ ਜ਼ਹਰ ਵਿਚ ਮਗਨ ਰਹਿੰਦੇ ਹਾਂ । ਅਸੀ ਕਿਵੇਂ ਗੁਰੂ ਦੇ ਦੱਸੇ ਜੀਵਨ-ਰਾਹ ਉਤੇ ਤੁਰ ਸਕਦੇ ਹਾਂ? ਸੁਖਾਂ ਦਾ ਦੇਣ ਵਾਲਾ ਗੁਰੂ (ਆਪ ਹੀ) ਮੇਹਰ ਕਰੇ, ਤੇ, ਸਾਨੂੰ ਆਪਣੇ ਲੜ ਲਾ ਲਏ ।੧।

ਹੇ ਹਰੀ ਦੇ ਸੰਤ ਜਨੋ! ਹੇ ਭਰਾਵੋ! ਸੁਣੋ, ਛੇਤੀ ਹੀ ਗੁਰੂ ਦੀ ਸਰਨ ਪੈ ਜਾਓ । ਗੁਰੂ ਦੀ ਸਰਨ ਪੈ ਕੇ

(ਜੀਵਨ-ਸਫ਼ਰ ਵਾਸਤੇ) ਪਰਮਾਤਮਾ ਦੇ ਨਾਮ ਦੀ ਖਰਚੀ (ਪੱਲੇ) ਬੰਨ੍ਹੋ । ਮਤਾਂ ਇਹ ਸਮਝਿਓ ਕਿ ਅੱਜ (ਇਹ ਕੰਮ ਕਰ ਲਵਾਂਗੇ) ਭਲਕੇ (ਇਹ ਕੰਮ ਕਰ ਲਵਾਂਗੇ । ਟਾਲ ਮਟੋਲੇ ਨਾਹ ਕਰਨੇ) ।੨।

ਹੇ ਹਰੀ ਦੇ ਸੰਤ ਜਨੋ! ਪਰਮਾਤਮਾ ਦੇ ਨਾਮ ਦਾ ਜਾਪ ਜਪਿਆ ਕਰੋ । (ਇਸ ਜਾਪ ਦੀ ਬਰਕਤਿ ਨਾਲ) ਹਰੀ ਦਾ ਸੰਤ ਹਰੀ ਦੀ ਰਜ਼ਾ ਵਿਚ ਤੁਰਨ ਲੱਗ ਪੈਂਦਾ ਹੈ । ਹੇ ਭਾਈ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਜਪਦੇ ਹਨ, ਉਹ ਪਰਮਾਤਮਾ ਦਾ ਰੂਪ ਹੋ ਜਾਂਦੇ ਹਨ । ਚੋਜ-ਤਮਾਸ਼ੇ ਕਰਨ ਵਾਲਾ ਚੋਜੀ ਪ੍ਰਭੂ ਉਹਨਾਂ ਨੂੰ ਮਿਲ ਪੈਂਦਾ ਹੈ ।੩।

ਹੇ ਦਾਸ ਨਾਨਕ! (ਆਖ—) ਹੇ ਬਨਵਾਰੀ ਪ੍ਰਭੂ! ਮੈਨੂੰ ਤੇਰਾ ਨਾਮ ਜਪਣ ਦੀ ਤਾਂਘ ਲੱਗੀ ਹੋਈ ਹੈ । ਮੇਹਰ ਕਰ ਮੈਨੂੰ ਸਾਧ ਸੰਗਤਿ ਵਿਚ ਮਿਲਾਈ ਰੱਖ, ਮੈਨੂੰ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮਿਲੀ ਰਹੇ ।੪।੪।

ਧਨਾਸਰੀ ਮਹਲਾ ੪ ॥ ਹਰਿ ਹਰਿ ਬੂੰਦ ਭਏ ਹਰਿ ਸੁਆਮੀ ਹਮ ਚਾਤ੍ਰਿਕ ਬਿਲਲ ਬਿਲਲਾਤੀ ॥ ਹਰਿ ਹਰਿ ਕ੍ਰਿਪਾ ਕਰਹੁ ਪ੍ਰਭ ਅਪਨੀ ਮੁਖਿ ਦੇਵਹੁ ਹਰਿ ਨਿਮਖਾਤੀ ॥੧॥ ਹਰਿ ਬਿਨੁ ਰਹਿ ਨ ਸਕਉ ਇਕ ਰਾਤੀ ॥ ਜਿਉ ਬਿਨੁ ਅਮਲੈ ਅਮਲੀ ਮਰਿ ਜਾਈ ਹੈ ਤਿਉ ਹਰਿ ਬਿਨੁ ਹਮ ਮਰਿ ਜਾਤੀ ॥ ਰਹਾਉ ॥ ਤੁਮ ਹਰਿ ਸਰਵਰ ਅਤਿ ਅਗਾਹ ਹਮ ਲਹਿ ਨ ਸਕਹਿ ਅੰਤੁ ਮਾਤੀ ॥ ਤੂ ਪਰੈ ਪਰੈ ਅਪਰੰਪਰੁ ਸੁਆਮੀ ਮਿਤਿ ਜਾਨਹੁ ਆਪਨ ਗਾਤੀ ॥੨॥ ਹਰਿ ਕੇ ਸੰਤ ਜਨਾ ਹਰਿ ਜਪਿਓ ਗੁਰ ਰੰਗਿ ਚਲੂਲੈ ਰਾਤੀ ॥ ਹਰਿ ਹਰਿ ਭਗਤਿ ਬਨੀ ਅਤਿ ਸੋਭਾ ਹਰਿ ਜਪਿਓ ਊਤਮ ਪਾਤੀ ॥੩॥ ਆਪੇ ਠਾਕੁਰੁ ਆਪੇ ਸੇਵਕੁ ਆਪਿ ਬਨਾਵੈ ਭਾਤੀ ॥ ਨਾਨਕੁ ਜਨੁ ਤੁਮਰੀ ਸਰਣਾਈ ਹਰਿ ਰਾਖਹੁ ਲਾਜ ਭਗਾਤੀ ॥੪॥੫॥ {ਪੰਨਾ 668}

ਪਦਅਰਥ:- ਬੂੰਦ—ਵਰਖਾ ਦੀ ਬੂੰਦ । ਚਾਤ੍ਰਿਕ—ਪਪੀਹਾ । ਬਿਲਲ ਬਿਲਲਾਤੀ—ਤਰਲੇ ਲੈਂਦਾ । ਪ੍ਰਭ—ਹੇ ਪ੍ਰਭੂ! ਮੁਖਿ—ਮੂੰਹ ਵਿਚ । ਨਿਮਖਾਤੀ—ਇਕ ਨਿਮਖ ਵਾਸਤੇ ਹੀ, ਅੱਖ ਝਮਕਣ ਜਿਤਨੇ ਸਮੇ ਲਈ ।੧।

ਰਹਿ ਨ ਸਕਉ—ਰਹਿ ਨ ਸਕਉਂ, ਮੈਂ ਰਹਿ ਨਹੀਂ ਸਕਦਾ । ਰਾਤੀ—ਰੱਤੀ ਭਰ ਸਮੇ ਲਈ ਭੀ । ਅਮਲੀ—ਨਸ਼ਈ, ਨਸ਼ੇ ਦਾ ਆਦੀ ਮਨੁੱਖ । ਮਰਿ ਜਾਈ ਹੈ—ਮਰਨ ਲੱਗਦਾ ਹੈ, ਤੜਫ਼ ਉੱਠਦਾ ਹੈ ।ਰਹਾਉ।

ਸਰਵਰ—ਤਾਲਾਬ, ਸਮੁੰਦਰ । ਅਤਿ ਅਗਾਹ—ਬਹੁਤ ਡੂੰਘਾ । ਮਾਤੀ—ਮਾਤ੍ਰਾ ਭਰ, ਰਤਾ ਭਰ ਭੀ । ਅਪਰੰਪਰੁ—ਪਰੇ ਤੋਂ ਪਰੇ । ਗਾਤੀ—ਗਤਿ । ਮਿਤਿ—ਮਾਪ ।੨।

ਰੰਗਿ ਚਲੂਲੇ—ਗੂੜ੍ਹੇ ਰੰਗ ਵਿਚ । ਰਾਤੀ—ਰੰਗੇ ਜਾਂਦੇ ਹਨ । ਪਾਤੀ—ਪਤਿ, ਇੱਜ਼ਤ ।੩।

ਠਾਕੁਰੁ—ਮਾਲਕ । ਭਾਤੀ—ਭਾਂਤਿ, ਵਿਓਂਤ, ਢੰਗ । ਭਗਾਤੀ—ਭਗਤਾਂ ਦੀ ।੪।

ਅਰਥ:- ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਮੈਂ ਰਤਾ ਭਰ ਸਮੇ ਲਈ ਭੀ ਰਹਿ ਨਹੀਂ ਸਕਦਾ । ਜਿਵੇਂ (ਅਫ਼ੀਮ ਆਦਿਕ) ਨਸ਼ੇ ਤੋਂ ਬਿਨਾ ਅਮਲੀ (ਨਸ਼ੇ ਦਾ ਆਦੀ) ਮਨੁੱਖ ਤੜਫ਼ ਉੱਠਦਾ ਹੈ, ਤਿਵੇਂ ਪਰਮਾਤਮਾ ਦੇ ਨਾਮ ਤੋਂ ਬਿਨਾ ਮੈਂ ਘਬਰਾ ਜਾਂਦਾ ਹਾਂ ।ਰਹਾਉ।

ਹੇ ਹਰੀ! ਹੇ ਸੁਆਮੀ! ਮੈਂ ਪਪੀਹਾ ਤੇਰੇ ਨਾਮ-ਬੂੰਦ ਵਾਸਤੇ ਤੜਫ਼ ਰਿਹਾ ਹਾਂ । (ਮੇਹਰ ਕਰ), ਤੇਰਾ ਨਾਮ ਮੇਰੇ ਵਾਸਤੇ (ਸ੍ਵਾਂਤੀ-) ਬੂੰਦ ਬਣ ਜਾਏ । ਹੇ ਹਰੀ! ਹੇ ਪ੍ਰਭੂ! ਆਪਣੀ ਮੇਹਰ ਕਰ, ਅੱਖ ਦੇ ਝਮਕਣ ਜਿਤਨੇ ਸਮੇ ਵਾਸਤੇ ਹੀ ਮੇਰੇ ਮੂੰਹ ਵਿਚ (ਆਪਣੀ ਨਾਮ ਦੀ ਸ੍ਵਾਂਤੀ) ਬੂੰਦ ਪਾ ਦੇ ।੧।

ਹੇ ਪ੍ਰਭੂ! ਤੂੰ (ਗੁਣਾਂ ਦਾ) ਬੜਾ ਹੀ ਡੂੰਘਾ ਸਮੁੰਦਰ ਹੈਂ, ਅਸੀ ਤੇਰੀ ਡੂੰਘਾਈ ਦਾ ਅੰਤ ਰਤਾ ਭਰ ਭੀ ਨਹੀਂ ਲੱਭ ਸਕਦੇ । ਤੂੰ ਪਰੇ ਤੋਂ ਪਰੇ ਹੈਂ, ਤੂੰ ਬੇਅੰਤ ਹੈਂ । ਹੇ ਸੁਆਮੀ! ਤੂੰ ਕਿਹੋ ਜਿਹਾ ਹੈਂ ਤੇ ਕਿਤਨਾ ਵੱਡਾ ਹੈਂ—ਇਹ ਭੇਤ ਤੂੰ ਆਪ ਹੀ ਜਾਣਦਾ ਹੈਂ ।੨।

ਹੇ ਭਾਈ! ਪਰਮਾਤਮਾ ਦੇ ਜਿਨ੍ਹਾਂ ਸੰਤ ਜਨਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹ ਗੁਰੂ ਦੇ (ਬਖ਼ਸ਼ੇ ਹੋਏ) ਗੂੜ੍ਹੇ ਪ੍ਰੇਮ-ਰੰਗ ਵਿਚ ਰੰਗੇ ਗਏ, ਉਹਨਾਂ ਦੇ ਅੰਦਰ ਪਰਮਾਤਮਾ ਦੀ ਭਗਤੀ ਦਾ ਰੰਗ ਬਣ ਗਿਆ, ਉਹਨਾਂ ਨੂੰ (ਲੋਕ ਪਰਲੋਕ ਵਿਚ) ਬੜੀ ਸੋਭਾ ਮਿਲੀ । ਜਿਨ੍ਹਾਂ ਨੇ ਪ੍ਰਭੂ ਦਾ ਨਾਮ ਜਪਿਆ, ਉਹਨਾਂ ਨੂੰ ਉੱਤਮ ਇੱਜ਼ਤ ਪ੍ਰਾਪਤ ਹੋਈ ।੩।

ਪਰ, ਹੇ ਭਾਈ! ਭਗਤੀ ਕਰਨ ਦੀ ਵਿਓਂਤ ਪ੍ਰਭੂ ਆਪ ਹੀ ਬਣਾਂਦਾ ਹੈ (ਢੋ ਆਪ ਹੀ ਢੁਕਾਂਦਾ ਹੈ), ਉਹ ਆਪ ਹੀ ਮਾਲਕ ਹੈ ਆਪ ਹੀ ਸੇਵਕ ਹੈ । ਹੇ ਪ੍ਰਭੂ! ਤੇਰਾ ਦਾਸ ਨਾਨਕ ਤੇਰੀ ਸਰਨ ਆਇਆ ਹੈ । ਤੂੰ ਆਪ ਹੀ ਆਪਣੇ ਭਗਤਾਂ ਦੀ ਇੱਜ਼ਤ ਰੱਖਦਾ ਹੈਂ ।੪।੫।

ਧਨਾਸਰੀ ਮਹਲਾ ੪ ॥ ਕਲਿਜੁਗ ਕਾ ਧਰਮੁ ਕਹਹੁ ਤੁਮ ਭਾਈ ਕਿਵ ਛੂਟਹ ਹਮ ਛੁਟਕਾਕੀ ॥ ਹਰਿ ਹਰਿ ਜਪੁ ਬੇੜੀ ਹਰਿ ਤੁਲਹਾ ਹਰਿ ਜਪਿਓ ਤਰੈ ਤਰਾਕੀ ॥੧॥ ਹਰਿ ਜੀ ਲਾਜ ਰਖਹੁ ਹਰਿ ਜਨ ਕੀ ॥ ਹਰਿ ਹਰਿ ਜਪਨੁ ਜਪਾਵਹੁ ਅਪਨਾ ਹਮ ਮਾਗੀ ਭਗਤਿ ਇਕਾਕੀ ॥ ਰਹਾਉ ॥ ਹਰਿ ਕੇ ਸੇਵਕ ਸੇ ਹਰਿ ਪਿਆਰੇ ਜਿਨ ਜਪਿਓ ਹਰਿ ਬਚਨਾਕੀ ॥ ਲੇਖਾ ਚਿਤ੍ਰ ਗੁਪਤਿ ਜੋ ਲਿਖਿਆ ਸਭ ਛੂਟੀ ਜਮ ਕੀ ਬਾਕੀ ॥੨॥ ਹਰਿ ਕੇ ਸੰਤ ਜਪਿਓ ਮਨਿ ਹਰਿ ਹਰਿ ਲਗਿ ਸੰਗਤਿ ਸਾਧ ਜਨਾ ਕੀ ॥ ਦਿਨੀਅਰੁ ਸੂਰੁ ਤ੍ਰਿਸਨਾ ਅਗਨਿ ਬੁਝਾਨੀ ਸਿਵ ਚਰਿਓ ਚੰਦੁ ਚੰਦਾਕੀ ॥੩॥ ਤੁਮ ਵਡ ਪੁਰਖ ਵਡ ਅਗਮ ਅਗੋਚਰ ਤੁਮ ਆਪੇ ਆਪਿ ਅਪਾਕੀ ॥ ਜਨ ਨਾਨਕ ਕਉ ਪ੍ਰਭ ਕਿਰਪਾ ਕੀਜੈ ਕਰਿ ਦਾਸਨਿ ਦਾਸ ਦਸਾਕੀ ॥੪॥੬॥ {ਪੰਨਾ 668}

ਪਦਅਰਥ:- ਕਲਿ—ਝਗੜੇ-ਕਲੇਸ਼ । ਜੁਗ—ਸਮਾ । ਕਲਿਜੁਗ—ਝਗੜੇ ਕਲੇਸ਼ਾਂ ਨਾਲ ਭਰਪੂਰ ਜਗਤ {ਨੋਟ—ਇਥੇ 'ਜੁਗਾਂ' ਦਾ ਜ਼ਿਕਰ ਨਹੀਂ ਚੱਲ ਰਿਹਾ । ਸਾਧਾਰਨ ਤੌਰ ਤੇ ਦਸਿਆ ਹੈ ਕਿ ਦੁਨੀਆ ਵਿਚ ਮਾਇਆ ਦੇ ਮੋਹ ਕਾਰਨ ਝਗੜੇ-ਕਲੇਸ਼ ਵਧੇ ਰਹਿੰਦੇ ਹਨ} । ਕਲਿਜੁਗ ਕਾ ਧਰਮੁ—ਉਹ ਧਰਮ ਜੋ ਦੁਨੀਆ ਦੇ ਝੰਬੇਲਿਆਂ ਤੋਂ ਬਚਾ ਸਕੇ । ਭਾਈ—ਹੇ ਭਾਈ! ਕਿਵ ਛੂਟਹ—ਅਸੀ ਕਿਵੇਂ ਬਚੀਏ? ਛੁਟਕਾਕੀ—ਬਚਣ ਦੇ ਚਾਹਵਾਨ । ਤੁਲਹਾ—ਨਦੀ ਪਾਰ ਕਰਨ ਲਈ ਲੱਕੜਾਂ ਬਾਂਸਾਂ ਆਦਿਕ ਨੂੰ ਬੰਨ੍ਹ ਕੇ ਬਣਾਇਆ ਹੋਇਆ ਆਸਰਾ । ਤਰਾਕੀ—ਤਾਰੂ ।੧।

ਲਾਜ—ਇੱਜ਼ਤ । ਹਮ ਮਾਗੀ—ਅਸਾਂ ਮੰਗੀ ਹੈ । ਇਕਾਕੀ—ਇਕੋ ਹੀ ।ਰਹਾਉ।

ਸੇ—ਉਹ {ਬਹੁ-ਬਚਨ} । ਬਚਨਾਕੀ—ਬਚਨਾਂ ਦੀ ਰਾਹੀਂ, ਗੁਰੂ ਦੀ ਬਾਣੀ ਦੀ ਰਾਹੀਂ । ਚਿਤ੍ਰ ਗੁਪਤਿ—ਚਿਤ੍ਰ ਗੁਪਤ ਨੇ {ਚਿਤ੍ਰ ਗੁਪਤ—ਧਰਮ ਰਾਜ ਦੇ ਇਹ ਦੋਵੇਂ ਲਿਖਾਰੀ ਮੰਨੇ ਗਏ ਹਨ, ਜੋ ਹਰੇਕ ਜੀਵ ਦੇ ਕੀਤੇ ਕਰਮਾਂ ਦਾ ਲੇਖਾ ਲਿਖਦੇ ਰਹਿੰਦੇ ਹਨ} । ਛੂਟੀ—ਮੁੱਕ ਗਈ । ਬਾਕੀ—ਹਿਸਾਬ ।੨।

ਮਨਿ—ਮਨ ਵਿਚ । ਲਗਿ—ਲੱਗ ਕੇ । ਦਿਨੀਅਰੁ—{idnkr} ਸੂਰਜ । ਸੂਰੁ—ਸੂਰਜ । ਅਗਨਿ—ਅੱਗ । ਸਿਵ—ਕੱਲਿਆਣ-ਸਰੂਪ ਪਰਮਾਤਮਾ । ਚੰਦਾਕੀ—ਚਾਨਣੀ ਵਾਲਾ ।੩।

ਅਗਮ—ਅਪਹੁੰਚ । ਅਗੋਚਰ—{ਅ-ਗੋ-ਚਰ । ਗੋ-ਗਿਆਨ-ਇੰਦ੍ਰੇ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਅਪਾਕੀ—ਆਪ ਹੀ । ਕਉ—ਨੂੰ, ਉਤੇ । ਕਰਿ—ਬਣਾ ਲੈ ।੪।

ਅਰਥ:- ਹੇ ਪ੍ਰਭੂ ਜੀ! (ਦੁਨੀਆ ਦੇ ਵਿਕਾਰਾਂ ਦੇ ਝੰਬੇਲਿਆਂ ਵਿਚੋਂ) ਆਪਣੇ ਸੇਵਕ ਦੀ ਇੱਜ਼ਤ ਬਚਾ ਲੈ । ਹੇ ਹਰੀ! ਮੈਨੂੰ ਆਪਣਾ ਨਾਮ ਜਪਣ ਦੀ ਸਮਰਥਾ ਦੇਹ । ਮੈਂ (ਤੇਰੇ ਪਾਸੋਂ) ਸਿਰਫ਼ ਤੇਰੀ ਭਗਤੀ ਦਾ ਦਾਨ ਮੰਗ ਰਿਹਾ ਹਾਂ ।ਰਹਾਉ।

ਹੇ ਭਾਈ! ਮੈਨੂੰ ਉਹ ਧਰਮ ਦੱਸ ਜਿਸ ਨਾਲ ਜਗਤ ਦੇ ਵਿਕਾਰਾਂ ਦੇ ਝੰਬੇਲਿਆਂ ਵਿਚੋਂ ਬਚਿਆ ਜਾ ਸਕੇ । ਮੈਂ ਇਹਨਾਂ ਝੰਬੇਲਿਆਂ ਤੋਂ ਬਚਣਾ ਚਾਹੁੰਦਾ ਹਾਂ । ਦੱਸ; ਮੈਂ ਕਿਵੇਂ ਬਚਾਂ? (ਉੱਤਰ—) ਪਰਮਾਤਮਾ ਦੇ ਨਾਮ ਦਾ ਜਾਪ ਬੇੜੀ ਹੈ, ਨਾਮ ਹੀ ਤੁਲਹਾ ਹੈ । ਜਿਸ ਮਨੁੱਖ ਨੇ ਹਰਿ-ਨਾਮ ਜਪਿਆ ਉਹ ਤਾਰੂ ਬਣ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ।੧।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਬਚਨਾਂ ਦੀ ਰਾਹੀਂ ਪਰਮਾਤਮਾ ਦਾ ਨਾਮ ਜਪਿਆ, ਉਹ ਸੇਵਕ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ । ਚਿੱਤਰ ਗੁਪਤ ਨੇ ਜੇਹੜਾ ਭੀ ਉਹਨਾਂ (ਦੇ ਕਰਮਾਂ) ਦਾ ਲੇਖ ਲਿਖ ਰੱਖਿਆ ਸੀ, ਧਰਮਰਾਜ ਦਾ ਉਹ ਸਾਰਾ ਹਿਸਾਬ ਹੀ ਮੁੱਕ ਜਾਂਦਾ ਹੈ ।੨।

ਹੇ ਭਾਈ! ਜਿਨ੍ਹਾਂ ਸੰਤ ਜਨਾਂ ਨੇ ਸਾਧ ਜਨਾਂ ਦੀ ਸੰਗਤਿ ਵਿਚ ਬੈਠ ਕੇ ਆਪਣੇ ਮਨ ਵਿਚ ਪਰਮਾਤਮਾ ਦੇ ਨਾਮ ਦਾ ਜਾਪ ਕੀਤਾ, ਉਹਨਾਂ ਦੇ ਅੰਦਰ ਕੱਲਿਆਣ ਰੂਪ (ਪਰਮਾਤਮਾ ਪਰਗਟ ਹੋ ਪਿਆ, ਮਾਨੋ) ਠੰਢਕ ਪੁਚਾਣ ਵਾਲਾ ਚੰਦ ਚੜ੍ਹ ਪਿਆ, ਜਿਸ ਨੇ (ਉਹਨਾਂ ਦੇ ਹਿਰਦੇ ਵਿਚੋਂ) ਤ੍ਰਿਸ਼ਨਾ ਦੀ ਅੱਗ ਬੁਝਾ ਦਿੱਤੀ; (ਜਿਸ ਨੇ ਵਿਕਾਰਾਂ ਦਾ) ਤਪਦਾ ਸੂਰਜ (ਸ਼ਾਂਤ ਕਰ ਦਿੱਤਾ) ।੩।

ਹੇ ਪ੍ਰਭੂ! ਤੂੰ ਸਭ ਤੋਂ ਵੱਡਾ ਹੈਂ, ਤੂੰ ਸਰਬ-ਵਿਆਪਕ ਹੈਂ; ਤੂੰ ਅਪਹੁੰਚ ਹੈਂ; ਗਿਆਨ-ਇੰਦ੍ਰਿਆਂ ਦੀ ਰਾਹੀਂ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ । ਤੂੰ (ਹਰ ਥਾਂ) ਆਪ ਹੀ ਆਪ, ਆਪ ਹੀ ਆਪ ਹੈਂ । ਹੇ ਪ੍ਰਭੂ! ਆਪਣੇ ਦਾਸ ਨਾਨਕ ਉਤੇ ਮੇਹਰ ਕਰ, ਤੇ, ਆਪਣੇ ਦਾਸਾਂ ਦੇ ਦਾਸਾਂ ਦਾ ਦਾਸ ਬਣਾ ਲੈ ।੪।੬।

ਧਨਾਸਰੀ ਮਹਲਾ ੪ ਘਰੁ ੫ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਉਰ ਧਾਰਿ ਬੀਚਾਰਿ ਮੁਰਾਰਿ ਰਮੋ ਰਮੁ ਮਨਮੋਹਨ ਨਾਮੁ ਜਪੀਨੇ ॥ ਅਦ੍ਰਿਸਟੁ ਅਗੋਚਰੁ ਅਪਰੰਪਰ ਸੁਆਮੀ ਗੁਰਿ ਪੂਰੈ ਪ੍ਰਗਟ ਕਰਿ ਦੀਨੇ ॥੧॥ ਰਾਮ ਪਾਰਸ ਚੰਦਨ ਹਮ ਕਾਸਟ ਲੋਸਟ ॥ ਹਰਿ ਸੰਗਿ ਹਰੀ ਸਤਸੰਗੁ ਭਏ ਹਰਿ ਕੰਚਨੁ ਚੰਦਨੁ ਕੀਨੇ ॥੧॥ ਰਹਾਉ ॥ ਨਵ ਛਿਅ ਖਟੁ ਬੋਲਹਿ ਮੁਖ ਆਗਰ ਮੇਰਾ ਹਰਿ ਪ੍ਰਭੁ ਇਵ ਨ ਪਤੀਨੇ ॥ ਜਨ ਨਾਨਕ ਹਰਿ ਹਿਰਦੈ ਸਦ ਧਿਆਵਹੁ ਇਉ ਹਰਿ ਪ੍ਰਭੁ ਮੇਰਾ ਭੀਨੇ ॥੨॥੧॥੭॥
{ਪੰਨਾ 668}

ਪਦਅਰਥ:- ਉਰ—ਹਿਰਦਾ । ਉਰ ਧਾਰਿ—ਹਿਰਦੇ ਵਿਚ ਵਸਾ ਕੇ । ਬੀਚਾਰਿ—ਵਿਚਾਰ ਕੇ । ਮੁਰਾਰਿ—{ਮੁਰ-ਅਰਿ} ਪਰਮਾਤਮਾ । ਰਮੋ ਰਮੁ—ਰਮ ਹੀ ਰਮ, ਰਾਮ ਹੀ ਰਾਮ । ਜਪੀਨੇ—ਜਪਦਾ ਹੈ । ਅਦ੍ਰਿਸਟੁ—ਨਾਹ ਦਿੱਸ ਸਕਣ ਵਾਲਾ । ਅਗੋਚਰੁ—{ਅ-ਗੋ-ਚਰੁ} ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ । ਅਪਰੰਪਰ—ਪਰੇ ਤੋਂ ਪਰੇ, ਬੇਅੰਤ । ਗੁਰਿ—ਗੁਰੂ ਨੇ ।੧।

ਹਮ—ਅਸੀ ਜੀਵ । ਕਾਸਟ—ਕਾਠ । ਲੋਸਟ—ਲੋਹਾ । ਸੰਗਿ—ਨਾਲ । ਕੰਚਨੁ—ਸੋਨਾ ।੧।ਰਹਾਉ।

ਨਵ—ਨੌ ਵਿਆਕਰਨ । ਛਿਅ ਖਟੁ—ਛੇ ਸ਼ਾਸਤਰ । ਬੋਲਹਿ—ਬੋਲਦੇ ਹਨ । ਮੁਖ ਆਗਰ—ਮੂੰਹ-ਜ਼ਬਾਨੀ । ਇਵ—ਇਸ ਤਰ੍ਹਾਂ । ਪਤੀਨੇ—ਪਤੀਜਦਾ, ਖ਼ੁਸ਼ ਹੁੰਦਾ । ਹਿਰਦੈ—ਹਿਰਦੇ ਵਿਚ । ਸਦ—ਸਦਾ । ਭੀਨੇ—ਭਿੱਜਦਾ, ਪ੍ਰਸੰਨ ਹੁੰਦਾ ।੨।

ਅਰਥ:- ਹੇ ਭਾਈ! ਪਰਮਾਤਮਾ ਪਾਰਸ ਹੈ, ਅਸੀ ਜੀਵ ਲੋਹਾ ਹਾਂ । ਪਰਮਾਤਮਾ ਚੰਦਨ ਹੈ, ਅਸੀ ਜੀਵ ਕਾਠ ਹਾਂ । ਜਿਸ ਮਨੁੱਖ ਦਾ ਪਰਮਾਤਮਾ ਨਾਲ ਸਤਸੰਗ ਹੋ ਜਾਂਦਾ ਹੈ, ਪਰਮਾਤਮਾ ਉਸ ਨੂੰ (ਲੋਹੇ ਤੋਂ) ਸੋਨਾ ਬਣਾ ਦਿੰਦਾ ਹੈ, (ਕਾਠ ਤੋਂ) ਚੰਦਨ ਬਣਾ ਦੇਂਦਾ ਹੈ ।੧।ਰਹਾਉ।

ਹੇ ਭਾਈ! ਪੂਰੇ ਗੁਰੂ ਨੇ (ਜਿਸ ਮਨੁੱਖ ਦੇ ਹਿਰਦੇ ਵਿਚ ਉਸ ਪਰਮਾਤਮਾ ਦਾ ਨਾਮ) ਪਰਗਟ ਕਰ ਦਿੱਤਾ; ਜੋ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ, ਜੋ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਬੇਅੰਤ ਹੈ, ਜੋ ਸਭ ਦਾ ਮਾਲਕ ਹੈ, (ਉਹ ਮਨੁੱਖ ਉਸ) ਮੁਰਾਰੀ ਨੂੰ (ਉਸ) ਮਨ-ਮੋਹਨ ਦੇ ਨਾਮ ਨੂੰ ਆਪਣੇ ਹਿਰਦੇ ਵਿਚ ਵਸਾ ਕੇ ਸੋਚ-ਮੰਡਲ ਵਿਚ ਟਿਕਾ ਕੇ ਸਦਾ ਜਪਦਾ ਰਹਿੰਦਾ ਹੈ ।੧।

(ਹੇ ਭਾਈ! ਕਈ ਪੰਡਿਤ) ਨੌ ਵਿਆਕਰਨ ਅਤੇ ਛੇ ਸ਼ਾਸਤਰ ਮੂੰਹ-ਜ਼ਬਾਨੀ ਉਚਾਰ ਲੈਂਦੇ ਹਨ, (ਪਰ) ਪਿਆਰਾ ਹਰੀ-ਪ੍ਰਭੂ ਇਸ ਤਰ੍ਹਾਂ ਖ਼ੁਸ਼ ਨਹੀਂ ਹੁੰਦਾ । ਹੇ ਦਾਸ ਨਾਨਕ! (ਆਖ—ਹੇ ਭਾਈ!) ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਸਦਾ ਵਸਾਈ ਰੱਖੋ, (ਸਿਰਫ਼) ਇਸ ਤਰ੍ਹਾਂ ਪਰਮਾਤਮਾ ਪ੍ਰਸੰਨ ਹੁੰਦਾ ਹੈ ।੨।੧।੭।

ਧਨਾਸਰੀ ਮਹਲਾ ੪ ॥ ਗੁਨ ਕਹੁ ਹਰਿ ਲਹੁ ਕਰਿ ਸੇਵਾ ਸਤਿਗੁਰ ਇਵ ਹਰਿ ਹਰਿ ਨਾਮੁ ਧਿਆਈ ॥ ਹਰਿ ਦਰਗਹ ਭਾਵਹਿ ਫਿਰਿ ਜਨਮਿ ਨ ਆਵਹਿ ਹਰਿ ਹਰਿ ਹਰਿ ਜੋਤਿ ਸਮਾਈ ॥੧॥ ਜਪਿ ਮਨ ਨਾਮੁ ਹਰੀ ਹੋਹਿ ਸਰਬ ਸੁਖੀ ॥ ਹਰਿ ਜਸੁ ਊਚ ਸਭਨਾ ਤੇ ਊਪਰਿ ਹਰਿ ਹਰਿ ਹਰਿ ਸੇਵਿ ਛਡਾਈ ॥ ਰਹਾਉ ॥ ਹਰਿ ਕ੍ਰਿਪਾ ਨਿਧਿ ਕੀਨੀ ਗੁਰਿ ਭਗਤਿ ਹਰਿ ਦੀਨੀ ਤਬ ਹਰਿ ਸਿਉ ਪ੍ਰੀਤਿ ਬਨਿ ਆਈ ॥ ਬਹੁ ਚਿੰਤ ਵਿਸਾਰੀ ਹਰਿ ਨਾਮੁ ਉਰਿ ਧਾਰੀ ਨਾਨਕ ਹਰਿ ਭਏ ਹੈ ਸਖਾਈ ॥੨॥੨॥੮॥ {ਪੰਨਾ 669}

ਪਦਅਰਥ:- ਗੁਨ—ਪਰਮਾਤਮਾ ਦੇ ਗੁਣ । ਕਹੁ—ਯਾਦ ਕਰਿਆ ਕਰ । ਲਹੁ—ਲੱਭ, ਮਿਲਣ ਦਾ ਜਤਨ ਕਰਦਾ ਰਹੁ । ਇਵ—ਇਸ ਤਰ੍ਹਾਂ । ਧਿਆਈ—ਧਿਆਈਂ; ਤੂੰ ਸਿਮਰਦਾ ਰਹੁ । ਭਾਵਹਿ—ਤੂੰ ਚੰਗਾ ਲੱਗੇਂਗਾ । ਨ ਆਵਹਿ—ਤੂੰ ਨਹੀਂ ਆਵੇਂਗਾ । ਸਮਾਈ—ਲੀਨਤਾ ।੧।

ਮਨ—ਹੇ ਮਨ! ਹੋਹਿ—ਤੂੰ ਹੋਵੇਂਗਾ । ਤੇ—ਤੋਂ । ਸੇਵਿ—ਸੇਵਾ-ਭਗਤੀ ਕਰ ।ਰਹਾਉ।

ਕ੍ਰਿਪਾ ਨਿਧਿ—ਕਿਰਪਾ ਦਾ ਖ਼ਜ਼ਾਨਾ ਪ੍ਰਭੂ । ਗੁਰਿ—ਗੁਰੂ ਨੇ । ਸਿਉ—ਨਾਲ । ਵਿਸਾਰਿ—ਭੁਲਾ ਦਿੱਤੀ । ਉਰਿ—ਹਿਰਦੇ ਵਿਚ । ਸਖਾਈ—ਮਿੱਤਰ, ਸਾਥੀ ।੨।

ਅਰਥ:- ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਜਪਿਆ ਕਰ, ਤੂੰ ਹਰ ਥਾਂ ਸੁਖੀ ਰਹੇਂਗਾ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਬੜਾ ਸ੍ਰੇਸ਼ਟ ਕੰਮ ਹੈ, ਹੋਰ ਸਭ ਕੰਮਾਂ ਨਾਲੋਂ ਵਧੀਆ ਕੰਮ ਹੈ । ਪਰਮਾਤਮਾ ਦੀ ਸੇਵਾ-ਭਗਤੀ ਕਰਦਾ ਰਹੁ, (ਇਹ ਸੇਵਾ-ਭਗਤੀ ਸਭ ਦੁੱਖਾਂ ਵਿਕਾਰਾਂ ਤੋਂ) ਬਚਾ ਲੈਂਦੀ ਹੈ ।ਰਹਾਉ।

ਹੇ ਭਾਈ! ਪਰਮਾਤਮਾ ਦੇ ਗੁਣ ਯਾਦ ਕਰਿਆ ਕਰ । (ਇਸ ਤਰ੍ਹਾਂ) ਪਰਮਾਤਮਾ ਨੂੰ ਮਿਲਣ ਦਾ ਜਤਨ ਕਰਦਾ ਰਹੁ । ਗੁਰੂ ਦੀ (ਦੱਸੀ) ਸੇਵਾ ਕਰਿਆ ਕਰ । ਇਸ ਤਰੀਕੇ ਨਾਲ ਸਦਾ ਹਰੀ ਦਾ ਨਾਮ ਸਿਮਰਦਾ ਰਹੁ ।

(ਸਿਮਰਨ ਦੀ ਬਰਕਤਿ ਨਾਲ) ਤੂੰ ਪਰਮਾਤਮਾ ਦੀ ਦਰਗਾਹ ਵਿਚ ਪਸੰਦ ਆ ਜਾਏਂਗਾ, ਮੁੜ ਜਨਮ (ਮਰਨ ਦੇ ਗੇੜ) ਵਿਚ ਨਹੀਂ ਆਵੇਂਗਾ, ਤੂੰ ਪਰਮਾਤਮਾ ਦੀ ਜੋਤਿ ਵਿਚ ਸਦਾ ਲੀਨ ਰਹੇਂਗਾ ।੧।

ਪਰ, ਹੇ ਭਾਈ! ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਨੇ ਜਿਸ ਮਨੁੱਖ ਉਤੇ ਕਿਰਪਾ ਕੀਤੀ, ਗੁਰੂ ਨੇ ਉਸ ਮਨੁੱਖ ਨੂੰ ਪਰਮਾਤਮਾ ਦੀ ਭਗਤੀ ਦੀ ਦਾਤਿ ਬਖ਼ਸ਼ ਦਿੱਤੀ, ਤਦੋਂ ਉਸ ਮਨੁੱਖ ਦਾ ਪ੍ਰੇਮ ਪਰਮਾਤਮਾ ਨਾਲ ਬਣ ਗਿਆ । ਹੇ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾ ਲਿਆ, ਉਸ ਨੇ (ਦੁਨੀਆ ਵਾਲੀ ਹੋਰ) ਬਹੁਤੀ ਚਿੰਤਾ ਭੁਲਾ ਲਈ, ਪਰਮਾਤਮਾ ਉਸ ਦਾ ਸਾਥੀ-ਮਿੱਤਰ ਬਣ ਗਿਆ ।੨।੨।੮।

ਨੋਟ:- 'ਘਰੁ ੫' ਦਾ ਇਹ ਦੂਜਾ ਸ਼ਬਦ ਹੈ । ਕੁੱਲ ਜੋੜ ੮ ਹੈ ।

ਧਨਾਸਰੀ ਮਹਲਾ ੪ ॥ ਹਰਿ ਪੜੁ ਹਰਿ ਲਿਖੁ ਹਰਿ ਜਪਿ ਹਰਿ ਗਾਉ ਹਰਿ ਭਉਜਲੁ ਪਾਰਿ ਉਤਾਰੀ ॥ ਮਨਿ ਬਚਨਿ ਰਿਦੈ ਧਿਆਇ ਹਰਿ ਹੋਇ ਸੰਤੁਸਟੁ ਇਵ ਭਣੁ ਹਰਿ ਨਾਮੁ ਮੁਰਾਰੀ ॥੧॥ ਮਨਿ ਜਪੀਐ ਹਰਿ ਜਗਦੀਸ ॥ ਮਿਲਿ ਸੰਗਤਿ ਸਾਧੂ ਮੀਤ ॥ ਸਦਾ ਅਨੰਦੁ ਹੋਵੈ ਦਿਨੁ ਰਾਤੀ ਹਰਿ ਕੀਰਤਿ ਕਰਿ ਬਨਵਾਰੀ ॥ ਰਹਾਉ ॥ ਹਰਿ ਹਰਿ ਕਰੀ ਦ੍ਰਿਸਟਿ ਤਬ ਭਇਓ ਮਨਿ ਉਦਮੁ ਹਰਿ ਹਰਿ ਨਾਮੁ ਜਪਿਓ ਗਤਿ ਭਈ ਹਮਾਰੀ ॥ ਜਨ ਨਾਨਕ ਕੀ ਪਤਿ ਰਾਖੁ ਮੇਰੇ ਸੁਆਮੀ ਹਰਿ ਆਇ ਪਰਿਓ ਹੈ ਸਰਣਿ ਤੁਮਾਰੀ ॥੨॥੩॥੯॥ {ਪੰਨਾ 669}

ਪਦਅਰਥ:- ਭਉਜਲੁ—ਸੰਸਾਰ-ਸਮੁੰਦਰ । ਮਨਿ—ਮਨ ਦੀ ਰਾਹੀਂ । ਬਚਨਿ—ਬਚਨ ਨਾਲ । ਰਿਦੈ—ਹਿਰਦੇ ਵਿਚ । ਹੋਇ ਸੰਤੁਸਟੁ—ਸੰਤੋਖੀ ਹੋ ਕੇ । ਇਵ—ਇਸ ਤਰ੍ਹਾਂ । ਭਣੁ—ਉਚਾਰਦਾ ਰਹੁ । ਮੁਰਾਰੀ—(ਮੁਰ-ਅਰਿ) ਪਰਮਾਤਮਾ ।੧।

ਮਨਿ—ਮਨ ਵਿਚ । ਜਪੀਐ—ਜਪਣਾ ਚਾਹੀਦਾ ਹੈ । ਜਗਦੀਸ—ਜਗਤ ਦਾ ਈਸ਼੍ਵਰ । ਮਿਲਿ—ਮਿਲ ਕੇ । ਮੀਤ—ਹੇ ਮਿੱਤਰ! ਕੀਰਤਿ—ਸਿਫ਼ਤਿ-ਸਾਲਾਹ । ਬਨਵਾਰੀ—{vnmwil n} ਪਰਮਾਤਮਾ (ਦੀ) ।ਰਹਾਉ।

ਦ੍ਰਿਸਟਿ—ਨਜ਼ਰ, ਨਿਗਾਹ । ਮਨਿ—ਮਨ ਵਿਚ । ਗਤਿ—ਉੱਚੀ ਆਤਮਕ ਅਵਸਥਾ । ਪਤਿ—ਇੱਜ਼ਤ । ਸੁਆਮੀ—ਹੇ ਸੁਆਮੀ! ।੨।

ਅਰਥ:- ਹੇ ਮਿੱਤਰ! ਗੁਰੂ ਦੀ ਸੰਗਤਿ ਵਿਚ ਮਿਲ ਕੇ ਜਗਤ ਦੇ ਮਾਲਕ ਹਰੀ ਦਾ ਨਾਮ ਮਨ ਵਿਚ ਜਪਣਾ ਚਾਹੀਦਾ ਹੈ । ਹੇ ਮਿੱਤਰ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਿਆ ਕਰ, (ਇਸ ਤਰ੍ਹਾਂ) ਦਿਨ ਰਾਤ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ ।ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਪੜ੍ਹਿਆ ਕਰ, ਪਰਮਾਤਮਾ ਦਾ ਨਾਮ ਲਿਖਦਾ ਰਹੁ, ਪਰਮਾਤਮਾ ਦਾ ਨਾਮ ਜਪਿਆ ਕਰ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਕਰ । ਪਰਮਾਤਮਾ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ । ਹੇ ਭਾਈ! ਮਨ ਵਿਚ, ਹਿਰਦੇ ਵਿਚ, ਜੀਭ ਨਾਲ ਪਰਮਾਤਮਾ ਦਾ ਨਾਮ ਯਾਦ ਕਰਿਆ ਕਰ । ਹੇ ਭਾਈ! ਸੰਤੋਖੀ ਹੋ ਕੇ ਇਸ ਤਰ੍ਹਾਂ ਪਰਮਾਤਮਾ ਦਾ ਨਾਮ ਉਚਾਰਿਆ ਕਰ ।੧।

ਹੇ ਭਾਈ! ਜਦੋਂ ਪਰਮਾਤਮਾ ਨੇ ਮੇਹਰ ਦੀ ਨਜ਼ਰ ਕੀਤੀ, ਤਦੋਂ ਮਨ ਵਿਚ ਉੱਦਮ ਪੈਦਾ ਹੋਇਆ, ਤਦੋਂ ਹੀ ਅਸਾਂ ਨਾਮ ਜਪਿਆ, ਤੇ, ਸਾਡੀ ਉੱਚੀ ਆਤਮਕ ਅਵਸਥਾ ਬਣ ਗਈ ।

ਹੇ ਮੇਰੇ ਮਾਲਕ-ਪ੍ਰਭੂ! ਆਪਣੇ ਦਾਸ ਨਾਨਕ ਦੀ ਇੱਜ਼ਤ ਰੱਖ, ਤੇਰਾ ਇਹ ਦਾਸ ਤੇਰੀ ਸਰਨ ਆ ਪਿਆ ਹੈ

(ਆਪਣੇ ਦਾਸ ਨੂੰ ਨਾਮ ਜਪਣ ਦੀ ਦਾਤਿ ਬਖ਼ਸ਼) ।੨।੩।੯।

ਧਨਾਸਰੀ ਮਹਲਾ ੪ ॥ ਚਉਰਾਸੀਹ ਸਿਧ ਬੁਧ ਤੇਤੀਸ ਕੋਟਿ ਮੁਨਿ ਜਨ ਸਭਿ ਚਾਹਹਿ ਹਰਿ ਜੀਉ ਤੇਰੋ ਨਾਉ ॥ ਗੁਰ ਪ੍ਰਸਾਦਿ ਕੋ ਵਿਰਲਾ ਪਾਵੈ ਜਿਨ ਕਉ ਲਿਲਾਟਿ ਲਿਖਿਆ ਧੁਰਿ ਭਾਉ ॥੧॥ ਜਪਿ ਮਨ ਰਾਮੈ ਨਾਮੁ ਹਰਿ ਜਸੁ ਊਤਮ ਕਾਮ ॥ ਜੋ ਗਾਵਹਿ ਸੁਣਹਿ ਤੇਰਾ ਜਸੁ ਸੁਆਮੀ ਹਉ ਤਿਨ ਕੈ ਸਦ ਬਲਿਹਾਰੈ ਜਾਉ ॥ ਰਹਾਉ ॥ ਸਰਣਾਗਤਿ ਪ੍ਰਤਿਪਾਲਕ ਹਰਿ ਸੁਆਮੀ ਜੋ ਤੁਮ ਦੇਹੁ ਸੋਈ ਹਉ ਪਾਉ ॥ ਦੀਨ ਦਇਆਲ ਕ੍ਰਿਪਾ ਕਰਿ ਦੀਜੈ ਨਾਨਕ ਹਰਿ ਸਿਮਰਣ ਕਾ ਹੈ ਚਾਉ ॥੨॥੪॥੧੦॥ {ਪੰਨਾ 669}

ਪਦਅਰਥ:- ਸਿਧ—ਕਰਾਮਾਤੀ ਜੋਗੀ, ਜੋਗ ਮਤ ਦੇ ਆਗੂ । ਬੁਧ—ਮਹਾਤਮਾ ਗੋਤਮ ਬੁਧ ਵਰਗੇ ਗਿਆਨਵਾਨ । ਤੇਤੀਸ ਕੋਟਿ—ਤੇਤੀ ਕ੍ਰੋੜ ਦੇਵਤੇ । ਸਭਿ—ਸਾਰੇ । ਪ੍ਰਸਾਦਿ—ਕਿਰਪਾ ਨਾਲ । ਲਿਲਾਟਿ—ਮੱਥੇ ਉਤੇ । ਧੁਰਿ—ਧੁਰ ਦਰਗਾਹ ਤੋਂ । ਭਾਉ—ਪ੍ਰੇਮ ।੧।

ਮਨ—ਹੇ ਮਨ! ਰਾਮੈ ਨਾਮੁ—ਪਰਮਾਤਮਾ ਦਾ ਹੀ ਨਾਮ । ਜਸੁ—ਸਿਫ਼ਤਿ-ਸਾਲਾਹ । ਸੁਆਮੀ—ਹੇ ਸੁਆਮੀ! ਹਉ—ਮੈਂ । ਸਦ—ਸਦਾ । ਜਾਉ—ਜਾਉਂ, ਮੈਂ ਜਾਂਦਾ ਹਾਂ ।ਰਹਾਉ।

ਪਾਉ—ਪਾਉਂ, ਮੈਂ ਲੈਂਦਾ ਹਾਂ ।੨।

ਅਰਥ:- ਹੇ ਮਨ! ਪਰਮਾਤਮਾ ਦਾ ਨਾਮ ਹੀ ਜਪਿਆ ਕਰ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਸਭ ਤੋਂ ਸ੍ਰੇਸ਼ਟ ਕੰਮ ਹੈ । ਹੇ ਮਾਲਕ-ਪ੍ਰਭੂ! ਜੇਹੜੇ ਮਨੁੱਖ ਤੇਰੀ ਸਿਫ਼ਤਿ-ਸਾਲਾਹ ਗਾਂਦੇ ਹਨ ਸੁਣਦੇ ਹਨ, ਮੈਂ ਉਹਨਾਂ ਤੋਂ ਸਦਾ ਕੁਰਬਾਨ ਜਾਂਦਾ ਹਾਂ ।ਰਹਾਉ।

ਹੇ ਪ੍ਰਭੂ! ਜੋਗ-ਮਤ ਦੇ ਚੌਰਾਸੀ ਆਗੂ, ਮਹਾਤਮਾ ਬੁਧ ਵਰਗੇ ਗਿਆਨਵਾਨ, ਤੇਤੀ ਕ੍ਰੋੜ ਦੇਵਤੇ, ਅਨੇਕਾਂ ਰਿਸ਼ੀ ਮੁਨੀ—ਇਹ ਸਾਰੇ ਤੇਰਾ ਨਾਮ (ਪ੍ਰਾਪਤ ਕਰਨਾ) ਚਾਹੁੰਦੇ ਹਨ, ਪਰ ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਹ ਦਾਤਿ) ਹਾਸਲ ਕਰਦਾ ਹੈ । (ਨਾਮ ਦੀ ਦਾਤਿ ਉਹਨਾਂ ਨੂੰ ਮਿਲਦੀ ਹੈ) ਜਿਨ੍ਹਾਂ ਵਾਸਤੇ ਮੱਥੇ ਉਤੇ ਧੁਰ ਦਰਗਾਹ ਤੋਂ ਹਰਿ-ਨਾਮ ਦਾ ਪ੍ਰੇਮ ਲਿਖਿਆ ਹੋਇਆ ਹੈ ।੧।

ਹੇ ਸਰਨ ਆਇਆਂ ਦੀ ਪਾਲਣਾ ਕਰਨ ਵਾਲੇ ਮਾਲਕ-ਪ੍ਰਭੂ! ਮੈਂ (ਤੇਰੇ ਦਰ ਤੋਂ) ਉਹੀ ਕੁਝ ਲੈ ਸਕਦਾ ਹਾਂ ਜੋ ਤੂੰ ਆਪ ਦੇਂਦਾ ਹੈਂ । ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਕਿਰਪਾ ਕਰ ਕੇ ਨਾਨਕ ਨੂੰ ਆਪਣੇ ਨਾਮ ਦੀ ਦਾਤਿ ਦੇਹ, (ਨਾਨਕ ਨੂੰ) ਤੇਰਾ ਨਾਮ ਸਿਮਰਨ ਦਾ ਚਾਉ ਹੈ ।੨।੪।੧੦।

ਧਨਾਸਰੀ ਮਹਲਾ ੪ ॥ ਸੇਵਕ ਸਿਖ ਪੂਜਣ ਸਭਿ ਆਵਹਿ ਸਭਿ ਗਾਵਹਿ ਹਰਿ ਹਰਿ ਊਤਮ ਬਾਨੀ ॥ ਗਾਵਿਆ ਸੁਣਿਆ ਤਿਨ ਕਾ ਹਰਿ ਥਾਇ ਪਾਵੈ ਜਿਨ ਸਤਿਗੁਰ ਕੀ ਆਗਿਆ ਸਤਿ ਸਤਿ ਕਰਿ ਮਾਨੀ ॥੧॥ ਬੋਲਹੁ ਭਾਈ ਹਰਿ ਕੀਰਤਿ ਹਰਿ ਭਵਜਲ ਤੀਰਥਿ ॥ ਹਰਿ ਦਰਿ ਤਿਨ ਕੀ ਊਤਮ ਬਾਤ ਹੈ ਸੰਤਹੁ ਹਰਿ ਕਥਾ ਜਿਨ ਜਨਹੁ ਜਾਨੀ ॥ ਰਹਾਉ ॥ ਆਪੇ ਗੁਰੁ ਚੇਲਾ ਹੈ ਆਪੇ ਆਪੇ ਹਰਿ ਪ੍ਰਭੁ ਚੋਜ ਵਿਡਾਨੀ ॥ ਜਨ ਨਾਨਕ ਆਪਿ ਮਿਲਾਏ ਸੋਈ ਹਰਿ ਮਿਲਸੀ ਅਵਰ ਸਭ ਤਿਆਗਿ ਓਹਾ ਹਰਿ ਭਾਨੀ ॥੨॥੫॥੧੧॥ {ਪੰਨਾ 669}

ਪਦਅਰਥ:- ਸਭਿ—ਸਾਰੇ । ਉਤਮ—ਸ੍ਰੇਸ਼ਟ । ਬਾਨੀ—ਗੁਰਬਾਣੀ । ਥਾਇ ਪਾਵੈ—ਥਾਂ ਵਿਚ ਪਾਂਦਾ ਹੈ, ਕਬੂਲ ਕਰਦਾ ਹੈ । ਸਤਿ ਸਤਿ—ਬਿਲਕੁਲ ਠੀਕ । ਕਰਿ—ਕਰ ਕੇ, ਸਮਝ ਕੇ । ਮਾਨੀ—ਮੰਨੀ ਹੈ, ਅਮਲ ਕੀਤਾ ਹੈ ।੧।

ਭਾਈ—ਹੇ ਭਾਈ! ਕੀਰਤਿ—ਸਿਫ਼ਤਿ-ਸਾਲਾਹ । ਤੀਰਥਿ—ਤੀਰਥ ਦੀ ਰਾਹੀਂ । ਭਵਜਲ ਤੀਰਥਿ—ਸੰਸਾਰ-ਸਮੁੰਦਰ ਦੇ ਤੀਰਥ ਦੀ ਰਾਹੀਂ, ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ ਤੀਰਥ (-ਗੁਰੂ) ਦੀ ਰਾਹੀਂ । ਦਰਿ—ਦਰ ਤੇ । ਬਾਤ—ਗੱਲ, ਸੋਭਾ । ਸੰਤਹੁ—ਹੇ ਸੰਤ ਜਨੋ! ਜਿਨ ਜਨਹੁ—ਜਿਨ੍ਹਾਂ ਮਨੁੱਖਾਂ ਨੇ । ਜਾਨੀ—ਡੂੰਘੀ ਸਾਂਝ ਪਾਈ ।ਰਹਾਉ।

ਆਪੇ—(ਪ੍ਰਭੂ) ਆਪ ਹੀ । ਚੋਜ ਵਿਡਾਨੀ—ਅਚਰਜ ਕੌਤਕ ਕਰਨ ਵਾਲਾ । ਸੋਈ—ਉਹੀ ਮਨੁੱਖ । ਮਿਲਸੀ—ਮਿਲੇਗਾ । ਤਿਆਗਿ—ਛੱਡ ਦੇਹ । ਓਹਾ—ਉਹ ਸਿਫ਼ਤਿ-ਸਾਲਾਹ ਹੀ । ਭਾਨੀ—ਚੰਗੀ ਲੱਗਦੀ ਹੈ ।੨।

ਅਰਥ:- ਹੇ ਭਾਈ! ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ (ਗੁਰੂ-) ਤੀਰਥ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਿਆ ਕਰੋ । ਪਰਮਾਤਮਾ ਦੇ ਦਰ ਤੇ ਉਹਨਾਂ ਮਨੁੱਖਾਂ ਦੀ ਚੰਗੀ ਸੋਭਾ ਹੁੰਦੀ ਹੈ, ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਾਲ ਡੂੰਘੀ ਸਾਂਝ ਪਾਈ ਹੈ ।ਰਹਾਉ।

ਹੇ ਭਾਈ! ਸੇਵਕ (ਅਖਵਾਣ ਵਾਲੇ) ਸਿੱਖ (ਅਖਵਾਣ ਵਾਲੇ) ਸਾਰੇ (ਗੁਰੂ-ਦਰ ਤੇ ਪ੍ਰਭੂ ਦੀ) ਪੂਜਾ-ਭਗਤੀ ਕਰਨ ਆਉਂਦੇ ਹਨ, ਅਤੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਾਲ ਭਰਪੂਰ ਸ੍ਰੇਸ਼ਟ ਗੁਰਬਾਣੀ ਗਾਂਦੇ ਹਨ । ਪਰ ਪਰਮਾਤਮਾ ਉਹਨਾਂ ਮਨੁੱਖਾਂ ਦਾ ਬਾਣੀ ਗਾਉਣਾ ਅਤੇ ਸੁਣਨਾ ਕਬੂਲ ਕਰਦਾ ਹੈ, ਜਿਨ੍ਹਾਂ ਗੁਰੂ ਦੇ ਹੁਕਮ ਨੂੰ ਬਿਲਕੁਲ ਸਹੀ ਜਾਣ ਕੇ ਉਸ ਉਤੇ ਅਮਲ ਕੀਤਾ ਹੈ ।੧।

ਹੇ ਭਾਈ! ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਪ੍ਰਭੂ ਆਪ ਹੀ ਅਚਰਜ ਤਮਾਸ਼ੇ ਕਰਨ ਵਾਲਾ ਹੈ । ਹੇ ਦਾਸ ਨਾਨਕ! ਉਹੀ ਮਨੁੱਖ ਪਰਮਾਤਮਾ ਨੂੰ ਮਿਲ ਸਕਦਾ ਹੈ ਜਿਸ ਨੂੰ ਪਰਮਾਤਮਾ ਆਪ ਮਿਲਾਂਦਾ ਹੈ । ਹੇ ਭਾਈ! ਹੋਰ ਸਾਰਾ (ਆਸਰਾ-ਪਰਨਾ) ਛੱਡ (ਗੁਰੂ ਦੀ ਆਗਿਆ ਵਿਚ ਤੁਰ ਕੇ ਸਿਫ਼ਤਿ-ਸਾਲਾਹ ਕਰਿਆ ਕਰ) ਪ੍ਰਭੂ ਨੂੰ ਉਹ ਸਿਫ਼ਤਿ-ਸਾਲਾਹ ਹੀ ਪਿਆਰੀ ਲੱਗਦੀ ਹੈ ।੨।੫।੧੧।

ਧਨਾਸਰੀ ਮਹਲਾ ੪ ॥ ਇਛਾ ਪੂਰਕੁ ਸਰਬ ਸੁਖਦਾਤਾ ਹਰਿ ਜਾ ਕੈ ਵਸਿ ਹੈ ਕਾਮਧੇਨਾ ॥ ਸੋ ਐਸਾ ਹਰਿ ਧਿਆਈਐ ਮੇਰੇ ਜੀਅੜੇ ਤਾ ਸਰਬ ਸੁਖ ਪਾਵਹਿ ਮੇਰੇ ਮਨਾ ॥੧॥ ਜਪਿ ਮਨ ਸਤਿ ਨਾਮੁ ਸਦਾ ਸਤਿ ਨਾਮੁ ॥ ਹਲਤਿ ਪਲਤਿ ਮੁਖ ਊਜਲ ਹੋਈ ਹੈ ਨਿਤ ਧਿਆਈਐ ਹਰਿ ਪੁਰਖੁ ਨਿਰੰਜਨਾ ॥ ਰਹਾਉ ॥ ਜਹ ਹਰਿ ਸਿਮਰਨੁ ਭਇਆ ਤਹ ਉਪਾਧਿ ਗਤੁ ਕੀਨੀ ਵਡਭਾਗੀ ਹਰਿ ਜਪਨਾ ॥ ਜਨ ਨਾਨਕ ਕਉ ਗੁਰਿ ਇਹ ਮਤਿ ਦੀਨੀ ਜਪਿ ਹਰਿ ਭਵਜਲੁ ਤਰਨਾ ॥੨॥੬॥੧੨॥ {ਪੰਨਾ 669-670}

ਪਦਅਰਥ:- ਪੂਰਕੁ—ਪੂਰੀਆਂ ਕਰਨ ਵਾਲਾ । ਦਾਤਾ—ਦੇਣ ਵਾਲਾ । ਸਰਬ—ਸਾਰੇ । ਜਾ ਕੈ ਵਸਿ—ਜਿਸ ਦੇ ਇਖ਼ਤਿਆਰ ਵਿਚ । ਧੇਨ—ਗਾਂ । ਕਾਮ—ਵਾਸਨਾ । ਕਾਮਧੇਨ—ਸ੍ਵਰਗ ਦੀ ਉਹ ਗਾਂ ਜੋ ਸਾਰੀਆਂ ਵਾਸਨਾਂ ਪੂਰੀਆਂ ਕਰ ਦੇਂਦੀ ਹੈ । ਜੀਅੜੇ—ਹੇ ਸੋਹਣੀ ਜਿੰਦੇ! ਤਾ—ਤਦੋਂ । ਪਾਵਹਿ—ਪਾ ਲਏਂਗਾ ।੧।

ਮਨ—ਹੇ ਮਨ! ਸਤਿ ਨਾਮੁ—ਸਦਾ-ਥਿਰ ਰਹਿਣ ਵਾਲਾ ਹਰਿ-ਨਾਮ । ਹਲਤਿ—{A>} ਇਸ ਲੋਕ ਵਿਚ ।

ਪਲਤਿ—{pr>} ਪਰਲੋਕ ਵਿਚ । ਮੁਖ ਊਜਲ—ਉੱਜਲ ਮੂੰਹ ਵਾਲੇ, ਸੁਰਖ਼-ਰੂ । ਪੁਰਖੁ—ਸਰਬ-ਵਿਆਪਕ । ਨਿਰੰਜਨਾ—ਮਾਇਆ ਤੋਂ ਨਿਰਲੇਪ ਪ੍ਰਭੂ ।ਰਹਾਉ।

ਜਹ—ਜਿਥੇ, ਜਿਸ ਹਿਰਦੇ ਵਿਚ । ਤਹ—ਉਸ ਹਿਰਦੇ ਵਿਚੋਂ । ਉਪਾਧਿ—ਝਗੜਾ-ਬਖੇੜਾ । ਗਤੁ ਕੀਨੀ—ਚਾਲੇ ਪਾ ਜਾਂਦਾ ਹੈ । ਕਉ—ਨੂੰ । ਗੁਰਿ—ਗੁਰੂ ਨੇ । ਭਵਜਲੁ—ਸੰਸਾਰ-ਸਮੁੰਦਰ ।੨।

ਅਰਥ:- ਹੇ ਮਨ! ਸਦਾ-ਥਿਰ ਪ੍ਰਭੂ ਦਾ ਨਾਮ ਸਦਾ ਜਪਿਆ ਕਰ । ਹੇ ਭਾਈ! ਸਰਬ-ਵਿਆਪਕ ਨਿਰਲੇਪ ਹਰੀ ਦਾ ਸਦਾ ਧਿਆਨ ਧਰਨਾ ਚਾਹੀਦਾ ਹੈ, (ਇਸ ਤਰ੍ਹਾਂ) ਲੋਕ ਪਰਲੋਕ ਵਿਚ ਇੱਜ਼ਤ ਖੱਟ ਲਈਦੀ ਹੈ ।ਰਹਾਉ।

ਹੇ ਮੇਰੀ ਜਿੰਦੇ! ਜੇਹੜਾ ਹਰੀ ਸਾਰੀਆਂ ਕਾਮਨਾਂ ਪੂਰੀਆਂ ਕਰਨ ਵਾਲਾ ਹੈ, ਜੇਹੜਾ ਸਾਰੇ ਸੁਖ ਦੇਣ ਵਾਲਾ ਹੈ, ਜਿਸ ਦੇ ਵੱਸ ਵਿਚ (ਸ੍ਵਰਗ ਵਿਚ ਰਹਿਣ ਵਾਲੀ ਸਮਝੀ ਗਈ) ਕਾਮਧੇਨ ਹੈ ਉਸ ਅਜੇਹੀ ਸਮਰਥਾ ਵਾਲੇ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ । ਹੇ ਮੇਰੇ ਮਨ! (ਜਦੋਂ ਤੂੰ ਪਰਮਾਤਮਾ ਦਾ ਸਿਮਰਨ ਕਰੇਂਗਾ) ਤਦੋਂ ਸਾਰੇ ਸੁਖ ਹਾਸਲ ਕਰ ਲਏਂਗਾ ।੧।

ਹੇ ਭਾਈ! ਜਿਸ ਹਿਰਦੇ ਵਿਚ ਪਰਮਾਤਮਾ ਦੀ ਭਗਤੀ ਹੁੰਦੀ ਹੈ ਉਸ ਵਿਚੋਂ ਹਰੇਕ ਕਿਸਮ ਦਾ ਝਗੜਾ-ਬਖੇੜਾ ਚਾਲੇ ਪਾ ਜਾਂਦਾ ਹੈ । (ਫਿਰ ਭੀ) ਵੱਡੇ ਭਾਗਾਂ ਨਾਲ ਹੀ ਪਰਮਾਤਮਾ ਦਾ ਭਜਨ ਹੋ ਸਕਦਾ ਹੈ । ਹੇ ਭਾਈ! ਦਾਸ ਨਾਨਕ ਨੂੰ (ਤਾਂ) ਗੁਰੂ ਨੇ ਇਹ ਸਮਝ ਬਖ਼ਸ਼ੀ ਹੈ ਕਿ ਪਰਮਾਤਮਾ ਦਾ ਨਾਮ ਜਪ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ।੨।੬।੧੨।

ਧਨਾਸਰੀ ਮਹਲਾ ੪ ॥ ਮੇਰੇ ਸਾਹਾ ਮੈ ਹਰਿ ਦਰਸਨ ਸੁਖੁ ਹੋਇ ॥ ਹਮਰੀ ਬੇਦਨਿ ਤੂ ਜਾਨਤਾ ਸਾਹਾ ਅਵਰੁ ਕਿਆ ਜਾਨੈ ਕੋਇ ॥ ਰਹਾਉ ॥ ਸਾਚਾ ਸਾਹਿਬੁ ਸਚੁ ਤੂ ਮੇਰੇ ਸਾਹਾ ਤੇਰਾ ਕੀਆ ਸਚੁ ਸਭੁ ਹੋਇ ॥ ਝੂਠਾ ਕਿਸ ਕਉ ਆਖੀਐ ਸਾਹਾ ਦੂਜਾ ਨਾਹੀ ਕੋਇ ॥੧॥ ਸਭਨਾ ਵਿਚਿ ਤੂ ਵਰਤਦਾ ਸਾਹਾ ਸਭਿ ਤੁਝਹਿ ਧਿਆਵਹਿ ਦਿਨੁ ਰਾਤਿ ॥ ਸਭਿ ਤੁਝ ਹੀ ਥਾਵਹੁ ਮੰਗਦੇ ਮੇਰੇ ਸਾਹਾ ਤੂ ਸਭਨਾ ਕਰਹਿ ਇਕ ਦਾਤਿ ॥੨॥ ਸਭੁ ਕੋ ਤੁਝ ਹੀ ਵਿਚਿ ਹੈ ਮੇਰੇ ਸਾਹਾ ਤੁਝ ਤੇ ਬਾਹਰਿ ਕੋਈ ਨਾਹਿ ॥ ਸਭਿ ਜੀਅ ਤੇਰੇ ਤੂ ਸਭਸ ਦਾ ਮੇਰੇ ਸਾਹਾ ਸਭਿ ਤੁਝ ਹੀ ਮਾਹਿ ਸਮਾਹਿ ॥੩॥ ਸਭਨਾ ਕੀ ਤੂ ਆਸ ਹੈ ਮੇਰੇ ਪਿਆਰੇ ਸਭਿ ਤੁਝਹਿ ਧਿਆਵਹਿ ਮੇਰੇ ਸਾਹ ॥ ਜਿਉ ਭਾਵੈ ਤਿਉ ਰਖੁ ਤੂ ਮੇਰੇ ਪਿਆਰੇ ਸਚੁ ਨਾਨਕ ਕੇ ਪਾਤਿਸਾਹ ॥੪॥੭॥੧੩॥ {ਪੰਨਾ 670}

ਪਦਅਰਥ:- ਦਰਸਨ ਸੁਖੁ—ਦਰਸਨ ਦਾ ਆਤਮਕ ਆਨੰਦ । ਹੋਇ—ਮਿਲ ਜਾਏ । ਬੇਦਨਿ—(ਦਿਲ ਦੀ) ਪੀੜ । ਅਵਰੁ ਕੋਇ—ਹੋਰ ਕੋਈ ।ਰਹਾਉ।

ਸਚੁ—ਸਦਾ-ਥਿਰ ਰਹਿਣ ਵਾਲਾ । ਕਉ—ਨੂੰ । ਕਿਸ ਕਉ—{ਲਫ਼ਜ਼ 'ਕਿਸੁ' ਦਾ ੁ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ} ।੧।

ਵਰਤਦਾ—ਮੌਜੂਦ । ਸਭਿ—ਸਾਰੇ । ਥਾਵਹੁ—ਪਾਸੋਂ । ਤੂ ਇਕ—ਇਕ ਤੂ ਹੀ ।੨।

ਸਭੁ ਕੋ—ਹਰੇਕ ਜੀਵ । ਤੇ—ਤੋਂ । ਜੀਅ—{ਲਫ਼ਜ਼ 'ਜੀਵ' ਤੋਂ ਬਹੁ-ਵਚਨ} । ਮਾਹਿ—ਵਿਚ ।੩।

ਸਾਹ—ਹੇ ਸ਼ਾਹ! ਪਾਤਿਸ਼ਾਹ—ਹੇ ਪਾਤਿਸ਼ਾਹ! ਸਚੁ—ਸਦਾ-ਥਿਰ ।੪।

ਅਰਥ:- ਹੇ ਮੇਰੇ ਪਾਤਿਸ਼ਾਹ! (ਮੇਹਰ ਕਰ) ਮੈਨੂੰ ਤੇਰੇ ਦਰਸਨ ਦਾ ਆਨੰਦ ਪ੍ਰਾਪਤ ਹੋ ਜਾਏ । ਹੇ ਮੇਰੇ ਪਾਤਿਸ਼ਾਹ! ਮੇਰੇ ਦਿਲ ਦੀ ਪੀੜ ਤੂੰ ਹੀ ਜਾਣਦਾ ਹੈਂ । ਕੋਈ ਹੋਰ ਕੀ ਜਾਣ ਸਕਦਾ ਹੈ? ।ਰਹਾਉ।

ਹੇ ਮੇਰੇ ਪਾਤਿਸ਼ਾਹ! ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ, ਤੂੰ ਅਟੱਲ ਹੈਂ । ਜੋ ਕੁਝ ਤੂੰ ਕਰਦਾ ਹੈਂ, ਉਹ ਭੀ ਉਕਾਈ-ਹੀਣ ਹੈ (ਉਸ ਵਿਚ ਭੀ ਕੋਈ ਊਣਤਾ ਨਹੀਂ) । ਹੇ ਪਾਤਿਸ਼ਾਹ! (ਸਾਰੇ ਸੰਸਾਰ ਵਿਚ ਤੈਥੋਂ ਬਿਨਾ) ਹੋਰ ਕੋਈ ਨਹੀਂ ਹੈ (ਇਸ ਵਾਸਤੇ) ਕਿਸੇ ਨੂੰ ਝੂਠਾ ਆਖਿਆ ਨਹੀਂ ਜਾ ਸਕਦਾ ।੧।

ਹੇ ਮੇਰੇ ਪਾਤਿਸ਼ਾਹ! ਤੂੰ ਸਭ ਜੀਵਾਂ ਵਿਚ ਮੌਜੂਦ ਹੈਂ, ਸਾਰੇ ਜੀਵ ਦਿਨ ਰਾਤ ਤੇਰਾ ਹੀ ਧਿਆਨ ਧਰਦੇ ਹਨ । ਹੇ ਮੇਰੇ ਪਾਤਿਸ਼ਾਹ! ਸਾਰੇ ਜੀਵ ਤੇਰੇ ਪਾਸੋਂ ਹੀ (ਮੰਗਾਂ) ਮੰਗਦੇ ਹਨ । ਇਕ ਤੂੰ ਹੀ ਸਭ ਜੀਵਾਂ ਨੂੰ ਦਾਤਾਂ ਦੇ ਰਿਹਾ ਹੈਂ ।੨।

ਹੇ ਮੇਰੇ ਪਾਤਿਸ਼ਾਹ! ਹਰੇਕ ਜੀਵ ਤੇਰੇ ਹੁਕਮ ਵਿਚ ਹੈ, ਤੈਥੋਂ ਆਕੀ ਕੋਈ ਜੀਵ ਨਹੀਂ ਹੋ ਸਕਦਾ । ਹੇ ਮੇਰੇ ਪਾਤਿਸ਼ਾਹ! ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ, ਤੇ, ਇਹ ਸਾਰੇ ਤੇਰੇ ਵਿਚ ਹੀ ਲੀਨ ਹੋ ਜਾਂਦੇ ਹਨ ।੩।

ਹੇ ਮੇਰੇ ਪਿਆਰੇ ਪਾਤਿਸ਼ਾਹ! ਤੂੰ ਸਭ ਜੀਵਾਂ ਦੀ ਆਸਾਂ ਪੂਰੀਆਂ ਕਰਦਾ ਹੈਂ ਸਾਰੇ ਜੀਵ ਤੇਰਾ ਹੀ ਧਿਆਨ ਧਰਦੇ ਹਨ । ਹੇ ਨਾਨਕ ਦੇ ਪਾਤਿਸ਼ਾਹ! ਹੇ ਮੇਰੇ ਪਿਆਰੇ! ਜਿਵੇਂ ਤੈਨੂੰ ਚੰਗਾ ਲੱਗਦਾ ਹੈ, ਤਿਵੇਂ ਮੈਨੂੰ (ਆਪਣੇ ਚਰਨਾਂ ਵਿਚ) ਰੱਖ । ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ ।੪।੭।੧੩।

ਨੋਟ:- ੭ ਸ਼ਬਦ 'ਘਰੁ ੫' ਦੇ ਹਨ । ਧਨਾਸਰੀ ਵਿਚ ਗੁਰੂ ਰਾਮਦਾਸ ਜੀ ਦੇ ਕੁੱਲ ੧੩ ਸ਼ਬਦ ਹਨ । ਘਰੁ ੧—੬ । ਘਰੁ ੫—੭ । ਜੋੜ ੧੩ ।

ਧਨਾਸਰੀ ਮਹਲਾ ੫ ਘਰੁ ੧ ਚਉਪਦੇ ੴ ਸਤਿਗੁਰ ਪ੍ਰਸਾਦਿ ॥ ਭਵ ਖੰਡਨ ਦੁਖ ਭੰਜਨ ਸ੍ਵਾਮੀ ਭਗਤਿ ਵਛਲ ਨਿਰੰਕਾਰੇ ॥ ਕੋਟਿ ਪਰਾਧ ਮਿਟੇ ਖਿਨ ਭੀਤਰਿ ਜਾਂ ਗੁਰਮੁਖਿ ਨਾਮੁ ਸਮਾਰੇ ॥੧॥ ਮੇਰਾ ਮਨੁ ਲਾਗਾ ਹੈ ਰਾਮ ਪਿਆਰੇ ॥ ਦੀਨ ਦਇਆਲਿ ਕਰੀ ਪ੍ਰਭਿ ਕਿਰਪਾ ਵਸਿ ਕੀਨੇ ਪੰਚ ਦੂਤਾਰੇ ॥੧॥ ਰਹਾਉ ॥ ਤੇਰਾ ਥਾਨੁ ਸੁਹਾਵਾ ਰੂਪੁ ਸੁਹਾਵਾ ਤੇਰੇ ਭਗਤ ਸੋਹਹਿ ਦਰਬਾਰੇ ॥ ਸਰਬ ਜੀਆ ਕੇ ਦਾਤੇ ਸੁਆਮੀ ਕਰਿ ਕਿਰਪਾ ਲੇਹੁ ਉਬਾਰੇ ॥੨॥ ਤੇਰਾ ਵਰਨੁ ਨ ਜਾਪੈ ਰੂਪੁ ਨ ਲਖੀਐ ਤੇਰੀ ਕੁਦਰਤਿ ਕਉਨੁ ਬੀਚਾਰੇ ॥ ਜਲਿ ਥਲਿ ਮਹੀਅਲਿ ਰਵਿਆ ਸ੍ਰਬ ਠਾਈ ਅਗਮ ਰੂਪ ਗਿਰਧਾਰੇ ॥੩॥ ਕੀਰਤਿ ਕਰਹਿ ਸਗਲ ਜਨ ਤੇਰੀ ਤੂ ਅਬਿਨਾਸੀ ਪੁਰਖੁ ਮੁਰਾਰੇ ॥ ਜਿਉ ਭਾਵੈ ਤਿਉ ਰਾਖਹੁ ਸੁਆਮੀ ਜਨ ਨਾਨਕ ਸਰਨਿ ਦੁਆਰੇ ॥੪॥੧॥ {ਪੰਨਾ 670}

ਪਦਅਰਥ:- ਭਵ ਖੰਡਨ—ਹੇ ਜਨਮ ਮਰਨ (ਦੇ ਗੇੜ ਦਾ) ਨਾਸ ਕਰਨ ਵਾਲੇ! ਦੁਖ ਭੰਜਨ—ਹੇ ਦੁੱਖਾਂ ਦਾ ਨਾਸ ਕਰਨ ਵਾਲੇ! ਭਗਤਿ ਵਛਲ—ਹੇ ਭਗਤੀ ਨਾਲ ਪਿਆਰ ਕਰਨ ਵਾਲੇ! ਨਿਰੰਕਾਰੇ—ਹੇ ਆਕਾਰ-ਰਹਿਤ ਪ੍ਰਭੂ! ਕੋਟਿ—ਕ੍ਰੋੜਾਂ । ਭੀਤਰਿ—ਵਿਚ । ਜਾਂ—ਜਦੋਂ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸਮਾਰੇ—ਸੰਭਾਲਦਾ ਹੈ ।੧।

ਦੀਨ ਦਇਆਲਿ—ਦੀਨਾਂ ਉਤੇ ਦਇਆ ਕਰਨ ਵਾਲੇ ਨੇ । ਪ੍ਰਭਿ—ਪ੍ਰਭੂ ਨੇ । ਪੰਚ ਦੂਤਾਰੇ—(ਕਾਮਾਦਿਕ) ਪੰਜ ਵੈਰੀ ।੧।ਰਹਾਉ।

ਸੋਹਹਿ—ਸੋਹਣੇ ਲੱਗਦੇ ਹਨ । ਦਾਤੇ—ਹੇ ਦਾਤਾਰ! ਲੇਹੁ ਉਬਾਰੇ—ਬਚਾ ਲਵੋ ।੨।

ਵਰਨੁ—ਰੰਗ । ਰੂਪੁ—ਸ਼ਕਲ । ਕੁਦਰਤਿ—ਤਾਕਤ । ਜਲਿ—ਜਲ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਤੇ, ਆਕਾਸ਼ ਵਿਚ । ਸ੍ਰਬ ਠਾਈ—ਸਭਨੀਂ ਥਾਈਂ । ਗਿਰਧਾਰੇ—ਹੇ ਗਿਰਧਾਰੀ! {ਗਿਰਿ—ਪਹਾੜ} ਹੇ ਪ੍ਰਭੂ! ।੩।

ਕੀਰਤਿ—ਉਸਤਤਿ, ਸਿਫ਼ਤਿ-ਸਾਲਾਹ । ਕਰਹਿ—ਕਰਦੇ ਹਨ । ਮੁਰਾਰੇ—ਹੇ ਮੁਰਾਰੀ! ਪੁਰਖੁ—ਸਰਬ-ਵਿਆਪਕ ।੪।

ਅਰਥ:- ਹੇ ਭਾਈ! ਮੇਰਾ ਮਨ ਪਿਆਰੇ ਪਰਮਾਤਮਾ (ਦੇ ਨਾਮ) ਨਾਲ ਗਿੱਝ ਗਿਆ ਹੈ । ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਨੇ (ਆਪ ਹੀ) ਕਿਰਪਾ ਕੀਤੀ ਹੈ, ਤੇ, ਪੰਜੇ (ਕਾਮਾਦਿਕ) ਵੈਰੀ (ਮੇਰੇ) ਵੱਸ ਵਿਚ ਕਰ ਦਿੱਤੇ ਹਨ ।੧।ਰਹਾਉ।

ਹੇ ਜਨਮ ਮਰਨ ਦਾ ਗੇੜ ਨਾਸ ਕਰਨ ਵਾਲੇ! ਹੇ ਦੁੱਖਾਂ ਦੇ ਦੂਰ ਕਰਨ ਵਾਲੇ! ਹੇ ਮਾਲਕ! ਹੇ ਭਗਤੀ ਨਾਲ ਪਿਆਰ ਕਰਨ ਵਾਲੇ! ਹੇ ਆਕਾਰ-ਰਹਿਤ! ਜਦੋਂ ਕੋਈ ਮਨੁੱਖ ਗੁਰੂ ਦੀ ਸਰਨ ਪੈ ਕੇ (ਤੇਰਾ) ਨਾਮ ਹਿਰਦੇ ਵਿਚ ਵਸਾਂਦਾ ਹੈ, ਉਸ ਦੇ ਕ੍ਰੋੜਾਂ ਪਾਪ ਇਕ ਖਿਨ ਵਿਚ ਮਿਟ ਜਾਂਦੇ ਹਨ ।੧।

ਹੇ ਪ੍ਰਭੂ! ਤੇਰਾ ਥਾਂ ਸੋਹਣਾ ਹੈ, ਤੇਰਾ ਰੂਪ ਸੋਹਣਾ ਹੈ । ਤੇਰੇ ਭਗਤ ਤੇਰੇ ਦਰਬਾਰ ਵਿਚ ਸੋਹਣੇ ਲੱਗਦੇ ਹਨ । ਹੇ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲੇ ਮਾਲਕ-ਪ੍ਰਭੂ! ਮੇਹਰ ਕਰ; (ਮੈਨੂੰ ਕਾਮਾਦਿਕ ਵੈਰੀਆਂ ਤੋਂ) ਬਚਾਈ ਰੱਖ ।੨।

ਹੇ ਪ੍ਰਭੂ! ਤੇਰਾ ਕੋਈ ਰੰਗ ਨਹੀਂ ਦਿੱਸਦਾ; ਤੇਰੀ ਕੋਈ ਸ਼ਕਲ ਨਹੀਂ ਦਿੱਸਦੀ । ਕੋਈ ਮਨੁੱਖ ਨਹੀਂ ਸੋਚ ਸਕਦਾ ਕਿ ਤੇਰੀ ਕਿਤਨੀ ਕੁ ਤਾਕਤ ਹੈ । ਹੇ ਅਪਹੁੰਚ ਪਰਮਾਤਮਾ! ਤੂੰ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਸਭ ਥਾਈਂ ਮੌਜੂਦ ਹੈਂ ।੩।

ਹੇ ਮੁਰਾਰੀ! ਤੂੰ ਨਾਸ-ਰਹਿਤ ਹੈਂ; ਤੂੰ ਸਰਬ-ਵਿਆਪਕ ਹੈਂ, ਤੇਰੇ ਸਾਰੇ ਸੇਵਕ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ । ਹੇ ਦਾਸ ਨਾਨਕ! (ਆਖ—) ਹੇ ਸੁਆਮੀ! ਮੈਂ ਤੇਰੇ ਦਰ ਤੇ ਆ ਡਿੱਗਾ ਹਾਂ, ਮੈਂ ਤੇਰੀ ਸਰਨ ਆਇਆ ਹਾਂ । ਜਿਵੇਂ ਤੈਨੂੰ ਚੰਗਾ ਲੱਗੇ, ਉਸੇ ਤਰ੍ਹਾਂ ਮੇਰੀ ਰੱਖਿਆ ਕਰ ।੪।੧।

ਧਨਾਸਰੀ ਮਹਲਾ ੫ ॥ ਬਿਨੁ ਜਲ ਪ੍ਰਾਨ ਤਜੇ ਹੈ ਮੀਨਾ ਜਿਨਿ ਜਲ ਸਿਉ ਹੇਤੁ ਬਢਾਇਓ ॥ ਕਮਲ ਹੇਤਿ ਬਿਨਸਿਓ ਹੈ ਭਵਰਾ ਉਨਿ ਮਾਰਗੁ ਨਿਕਸਿ ਨ ਪਾਇਓ ॥੧॥ ਅਬ ਮਨ ਏਕਸ ਸਿਉ ਮੋਹੁ ਕੀਨਾ ॥ ਮਰੈ ਨ ਜਾਵੈ ਸਦ ਹੀ ਸੰਗੇ ਸਤਿਗੁਰ ਸਬਦੀ ਚੀਨਾ ॥੧॥ ਰਹਾਉ ॥ ਕਾਮ ਹੇਤਿ ਕੁੰਚਰੁ ਲੈ ਫਾਂਕਿਓ ਓਹੁ ਪਰ ਵਸਿ ਭਇਓ ਬਿਚਾਰਾ ॥ ਨਾਦ ਹੇਤਿ ਸਿਰੁ ਡਾਰਿਓ ਕੁਰੰਕਾ ਉਸ ਹੀ ਹੇਤ ਬਿਦਾਰਾ ॥੨॥ ਦੇਖਿ ਕੁਟੰਬੁ ਲੋਭਿ ਮੋਹਿਓ ਪ੍ਰਾਨੀ ਮਾਇਆ ਕਉ ਲਪਟਾਨਾ ॥ ਅਤਿ ਰਚਿਓ ਕਰਿ ਲੀਨੋ ਅਪੁਨਾ ਉਨਿ ਛੋਡਿ ਸਰਾਪਰ ਜਾਨਾ ॥੩॥ ਬਿਨੁ ਗੋਬਿੰਦ ਅਵਰ ਸੰਗਿ ਨੇਹਾ ਓਹੁ ਜਾਣਹੁ ਸਦਾ ਦੁਹੇਲਾ ॥ ਕਹੁ ਨਾਨਕ ਗੁਰ ਇਹੈ ਬੁਝਾਇਓ ਪ੍ਰੀਤਿ ਪ੍ਰਭੂ ਸਦ ਕੇਲਾ ॥੪॥੨॥ {ਪੰਨਾ 670-671}

ਪਦਅਰਥ:- ਤਜੇ ਹੈ—ਤਿਆਗ ਦੇਂਦੀ ਹੈ । ਮੀਨਾ—ਮੱਛੀ । ਜਿਨਿ—ਜਿਸ ਨੇ, ਕਿਉਂਕਿ ਉਸ (ਮੱਛੀ) ਨੇ । ਸਿਉ—ਨਾਲ । ਹੇਤੁ—ਪਿਆਰ । ਕਮਲ ਹੇਤਿ—ਕੌਲ-ਫੁੱਲ ਦੇ ਪਿਆਰ ਵਿਚ । ਉਨਿ—ਉਸ (ਭੌਰੇ) ਨੇ ।

ਮਾਰਗੁ—ਰਸਤਾ । ਨਿਕਸਿ—(ਫੁੱਲ ਵਿਚੋਂ) ਨਿਕਲ ਕੇ ।੧।

ਮਨ—ਹੇ ਮਨ! ਅਬ—ਹੁਣ, ਇਸ ਮਨੁੱਖਾ ਜਨਮ ਵਿਚ । ਮੋਹੁ—ਪ੍ਰੇਮ । ਸਦ ਹੀ—ਸਦਾ ਹੀ । ਸਬਦੀ—ਸ਼ਬਦ ਦੀ ਰਾਹੀਂ । ਚੀਨਾ—ਪਛਾਣ ਲਿਆ ।੧।ਰਹਾਉ।

ਕਾਮਿ ਹੇਤਿ—ਕਾਮ-ਵਾਸ਼ਨਾ ਦੀ ਖ਼ਾਤਰ । ਕੁੰਚਰੁ—ਹਾਥੀ । ਫਾਂਕਿਓ—ਫੜਿਆ ਗਿਆ । ਓਹੁ—ਉਹ ਹਾਥੀ । ਵਸਿ—ਵੱਸ ਵਿਚ । ਨਾਦ ਹੇਤਿ—(ਘੰਡੇਹੇੜੇ ਦੀ) ਆਵਾਜ਼ ਦੇ ਮੋਹ ਵਿਚ । ਕੁਰੰਕਾ—ਹਰਨ । ਬਿਦਾਰਾ—ਮਾਰਿਆ ਗਿਆ ।੨।

ਦੇਖਿ—ਦੇਖ ਕੇ । ਕੁਟੰਬੁ—ਪਰਵਾਰ । ਲੋਭਿ—ਲੋਭ ਵਿਚ । ਲਪਟਾਨਾ—ਚੰਬੜਿਆ ਰਿਹਾ । ਅਤਿ ਰਚਿਓ—(ਮਾਇਆ ਵਿਚ) ਬਹੁਤ ਮਗਨ ਹੋ ਗਿਆ । ਉਨਿ—ਉਸ (ਮਨੁੱਖ) ਨੇ । ਸਰਾਪਰ—ਜ਼ਰੂਰ ।੩।

ਸੰਗਿ—ਨਾਲ । ਨੇਹਾ—ਪਿਆਰ । ਦੁਹੇਲਾ—ਦੁੱਖੀ । ਗੁਰਿ—ਗੁਰੂ ਨੇ । ਸਦ—ਸਦਾ । ਕੇਲਾ—ਆਨੰਦ ।੪।

ਅਰਥ:- ਹੇ ਮਨ! ਜਿਸ ਮਨੁੱਖ ਨੇ ਹੁਣ (ਇਸ ਜਨਮ ਵਿਚ) ਇੱਕ ਪਰਮਾਤਮਾ ਨਾਲ ਪਿਆਰ ਪਾ ਲਿਆ ਹੈ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ ਸਦਾ ਹੀ ਪਰਮਾਤਮਾ ਦੇ ਚਰਨਾਂ ਵਿਚ ਮਗਨ ਰਹਿੰਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਪਰਮਾਤਮਾ ਨਾਲ ਸਾਂਝ ਬਣਾਈ ਰੱਖਦਾ ਹੈ ।੧।ਰਹਾਉ।

ਹੇ ਭਾਈ! ਮੱਛੀ ਪਾਣੀ ਤੋਂ ਵਿਛੁੜ ਕੇ ਜਿੰਦ ਦੇ ਦੇਂਦੀ ਹੈ ਕਿਉਂਕਿ ਉਸ (ਮੱਛੀ) ਨੇ ਪਾਣੀ ਨਾਲ ਪਿਆਰ ਵਧਾਇਆ ਹੋਇਆ ਹੈ । ਕੌਲ-ਫੁੱਲ ਦੇ ਪਿਆਰ ਵਿਚ ਭੌਰੇ ਨੇ ਮੌਤ ਸਹੇੜ ਲਈ, (ਕਿਉਂਕਿ) ਉਸ ਨੇ (ਕੌਲ-ਫੁੱਲ ਵਿਚੋਂ) ਨਿਕਲ ਕੇ (ਬਾਹਰ ਦਾ) ਰਸਤਾ ਨਾਹ ਲੱਭਾ ।੧।

ਹੇ ਭਾਈ! ਕਾਮ-ਵਾਸਨਾ ਦੀ ਖ਼ਾਤਰ ਹਾਥੀ ਫਸ ਗਿਆ, ਉਹ ਵਿਚਾਰਾ ਪਰ-ਅਧੀਨ ਹੋ ਗਿਆ । (ਘੰਡੇਹੇੜੇ ਦੀ) ਆਵਾਜ਼ ਦੇ ਪਿਆਰ ਵਿਚ ਹਰਨ ਆਪਣਾ ਸਿਰ ਦੇ ਬੈਠਦਾ ਹੈ, ਉਸੇ ਦੇ ਪਿਆਰ ਵਿਚ ਮਾਰਿਆ ਜਾਂਦਾ ਹੈ ।੨।

(ਹੇ ਭਾਈ! ਇਸੇ ਤਰ੍ਹਾਂ) ਮਨੁੱਖ (ਆਪਣਾ) ਪਰਵਾਰ ਵੇਖ ਕੇ (ਮਾਇਆ ਦੇ) ਲੋਭ ਵਿਚ ਫਸ ਜਾਂਦਾ ਹੈ, ਮਾਇਆ ਨਾਲ ਚੰਬੜਿਆ ਰਹਿੰਦਾ ਹੈ, (ਮਾਇਆ ਦੇ ਮੋਹ ਵਿਚ) ਬਹੁਤ ਮਗਨ ਰਹਿੰਦਾ ਹੈ, (ਮਾਇਆ ਨੂੰ) ਆਪਣੀ ਬਣਾ ਲੈਂਦਾ ਹੈ (ਇਹ ਨਹੀਂ ਸਮਝਦਾ ਕਿ ਆਖ਼ਰ) ਉਸ ਨੇ ਜ਼ਰੂਰ (ਸਭ ਕੁਝ) ਛੱਡ ਕੇ ਇਥੋਂ ਚਲੇ ਜਾਣਾ ਹੈ ।੩।

ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਤੋਂ ਬਿਨਾ ਹੋਰ ਨਾਲ ਪਿਆਰ ਪਾਂਦਾ ਹੈ, ਯਕੀਨ ਜਾਣੋ, ਉਹ ਸਦਾ ਦੁਖੀ ਰਹਿੰਦਾ ਹੈ । ਹੇ ਨਾਨਕ! ਆਖ—ਗੁਰੂ ਨੇ (ਮੈਨੂੰ) ਇਹ ਹੀ ਸਮਝ ਦਿੱਤੀ ਹੈ ਕਿ ਪਰਮਾਤਮਾ ਨਾਲ ਪਿਆਰ ਕੀਤਿਆਂ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ ।੪।੨।

ਧਨਾਸਰੀ ਮਃ ੫ ॥ ਕਰਿ ਕਿਰਪਾ ਦੀਓ ਮੋਹਿ ਨਾਮਾ ਬੰਧਨ ਤੇ ਛੁਟਕਾਏ ॥ ਮਨ ਤੇ ਬਿਸਰਿਓ ਸਗਲੋ ਧੰਧਾ ਗੁਰ ਕੀ ਚਰਣੀ ਲਾਏ ॥੧॥ ਸਾਧਸੰਗਿ ਚਿੰਤ ਬਿਰਾਨੀ ਛਾਡੀ ॥ ਅਹੰਬੁਧਿ ਮੋਹ ਮਨ ਬਾਸਨ ਦੇ ਕਰਿ ਗਡਹਾ ਗਾਡੀ ॥੧॥ ਰਹਾਉ ॥ ਨਾ ਕੋ ਮੇਰਾ ਦੁਸਮਨੁ ਰਹਿਆ ਨਾ ਹਮ ਕਿਸ ਕੇ ਬੈਰਾਈ ॥ ਬ੍ਰਹਮੁ ਪਸਾਰੁ ਪਸਾਰਿਓ ਭੀਤਰਿ ਸਤਿਗੁਰ ਤੇ ਸੋਝੀ ਪਾਈ ॥੨॥ ਸਭੁ ਕੋ ਮੀਤੁ ਹਮ

ਆਪਨ ਕੀਨਾ ਹਮ ਸਭਨਾ ਕੇ ਸਾਜਨ ॥ ਦੂਰਿ ਪਰਾਇਓ ਮਨ ਕਾ ਬਿਰਹਾ ਤਾ ਮੇਲੁ ਕੀਓ ਮੇਰੈ ਰਾਜਨ ॥੩॥ ਬਿਨਸਿਓ ਢੀਠਾ ਅੰਮ੍ਰਿਤੁ ਵੂਠਾ ਸਬਦੁ ਲਗੋ ਗੁਰ ਮੀਠਾ ॥ ਜਲਿ ਥਲਿ ਮਹੀਅਲਿ ਸਰਬ ਨਿਵਾਸੀ ਨਾਨਕ ਰਮਈਆ ਡੀਠਾ ॥੪॥੩॥ {ਪੰਨਾ 671}

ਪਦਅਰਥ:- ਕਰਿ—ਕਰ ਕੇ । ਮੋਹਿ—ਮੈਨੂੰ । ਤੇ—ਤੋਂ । ਛੁਟਕਾਏ—ਛੁਡਾ ਲਿਆ । ਤੇ—ਤੋਂ । ਸਗਲੋ ਧੰਧਾ—ਹਰੇਕ ਕਿਸਮ ਦਾ ਝਗੜਾ-ਝੰਬੇਲਾ । ਲਾਏ—ਲਾ ਕੇ ।੧।

ਸੰਗਿ—ਸੰਗ ਵਿਚ । ਚਿੰਤ—ਆਸ । ਬਿਰਾਨੀ—ਬਿਗਾਨੀ, ਓਪਰੀ । ਅਹੰਬੁਧਿ—ਹਉਮੈ ਵਾਲੀ ਅਕਲ । ਬਾਸਨ—ਵਾਸਨਾ । ਦੇ ਕਰਿ—ਦੇ ਕੇ, ਪੁੱਟ ਕੇ । ਗਡਹਾ—ਟੋਆ । ਗਾਡੀ—ਨੱਪ ਦਿੱਤੀ ।੧।ਰਹਾਉ।

ਕਿਸ ਕੇ—ਕਿਸੇ ਦੇ । ਬੈਰਾਈ—ਵੈਰੀ । ਪਸਾਰੁ—ਖਿਲਾਰਾ । ਭੀਤਰਿ—(ਹਰੇਕ ਦੇ) ਅੰਦਰ । ਤੇ—ਤੋਂ ।੨।

ਸਭੁ ਕੋ—ਹਰੇਕ ਪ੍ਰਾਣੀ । ਹਮ—ਅਸਾਂ, ਮੈਂ । ਪਰਾਇਓ—ਚਲਾ ਗਿਆ । ਬਿਰਹਾ—(ਪ੍ਰਭੂ ਤੋਂ) ਵਿਛੋੜਾ । ਤਾ—ਤਦੋਂ । ਮੇਲੁ—ਮਿਲਾਪ । ਮੇਰੈ ਰਾਜਨ—ਮੇਰੇ ਪ੍ਰਭੂ-ਪਾਤਿਸ਼ਾਹ ਨੇ ।੩।

ਢੀਠਾ—ਢੀਠ-ਪੁਣਾ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਵੂਠਾ—ਆ ਵੱਸਿਆ । ਸਬਦੁ ਗੁਰ—ਗੁਰੂ ਦਾ ਸ਼ਬਦ । ਜਲਿ—ਪਾਣੀ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਤੇ ਤਲੇ ਉਪਰ, ਆਕਾਸ਼ ਵਿਚ, ਪੁਲਾੜ ਵਿਚ । ਰਮਈਆ—ਸੋਹਣਾ ਰਾਮ ।੪।

ਅਰਥ:- ਹੇ ਭਾਈ! ਸਾਧ ਸੰਗਤਿ ਵਿਚ ਆ ਕੇ ਮੈਂ ਪਰਾਈ ਆਸ ਛੱਡ ਦਿੱਤੀ । ਹਉਮੈ, ਮਾਇਆ ਦੇ ਮੋਹ, ਮਨ ਦੀ ਵਾਸਨਾ—ਇਹਨਾਂ ਸਭਨਾਂ ਨੂੰ ਟੋਆ ਪੁੱਟ ਕੇ ਨੱਪ ਦਿੱਤਾ (ਸਦਾ ਲਈ ਦੱਬ ਦਿੱਤਾ) ।੧।ਰਹਾਉ।

(ਹੇ ਭਾਈ! ਸਾਧ ਸੰਗਤਿ ਨੇ) ਕਿਰਪਾ ਕਰ ਕੇ ਮੈਨੂੰ ਪਰਮਾਤਮਾ ਦਾ ਨਾਮ ਦਿੱਤਾ, ਤੇ ਗੁਰੂ ਦੀ ਚਰਨੀਂ ਲਾ ਕੇ ਮੈਨੂੰ ਮਾਇਆ ਦੇ ਬੰਧਨਾਂ ਤੋਂ ਛੁਡਾ ਲਿਆ (ਜਿਸ ਕਰਕੇ ਮੇਰੇ) ਮਨ ਤੋਂ ਸਾਰਾ ਝਗੜਾ-ਝੰਬੇਲਾ ਲਹਿ ਗਿਆ ।੧।

(ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ) ਮੇਰਾ ਕੋਈ ਦੁਸ਼ਮਨ ਨਹੀਂ ਰਹਿ ਗਿਆ (ਮੈਨੂੰ ਕੋਈ ਵੈਰੀ ਨਹੀਂ ਦਿੱਸਦਾ), ਮੈਂ ਭੀ ਕਿਸੇ ਦਾ ਵੈਰੀ ਨਹੀਂ ਬਣਦਾ । ਮੈਨੂੰ ਗੁਰੂ ਪਾਸੋਂ ਇਹ ਸਮਝ ਪ੍ਰਾਪਤ ਹੋ ਗਈ ਹੈ ਕਿ ਇਹ ਸਾਰਾ ਜਗਤ-ਖਿਲਾਰਾ ਪਰਮਾਤਮਾ ਆਪ ਹੀ ਹੈ, (ਸਭਨਾਂ ਦੇ) ਅੰਦਰ (ਪਰਮਾਤਮਾ ਨੇ ਆਪ ਹੀ ਆਪਣੇ ਆਪ ਨੂੰ) ਖਿਲਾਰਿਆ ਹੋਇਆ ਹੈ ।੨।

(ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ) ਹਰੇਕ ਪ੍ਰਾਣੀ ਨੂੰ ਮੈਂ ਆਪਣਾ ਮਿੱਤਰ ਕਰ ਕੇ ਸਮਝਦਾ ਹਾਂ, ਮੈਂ ਭੀ ਸਭਨਾਂ ਦਾ ਮਿੱਤਰ-ਸੱਜਣ ਹੀ ਬਣਿਆ ਰਹਿੰਦਾ ਹਾਂ । ਮੇਰੇ ਮਨ ਦਾ (ਪਰਮਾਤਮਾ ਨਾਲੋਂ ਬਣਿਆ ਹੋਇਆ) ਵਿਛੋੜਾ (ਸਾਧ ਸੰਗਤਿ ਦੀ ਕਿਰਪਾ ਨਾਲ) ਕਿਤੇ ਦੂਰ ਚਲਾ ਗਿਆ ਹੈ, ਜਦੋਂ ਮੈਂ ਸਾਧ ਸੰਗਤਿ ਦੀ ਸਰਨ ਲਈ, ਤਦੋਂ ਮੇਰੇ ਪ੍ਰਭੂ-ਪਾਤਿਸ਼ਾਹ ਨੇ ਮੈਨੂੰ (ਆਪਣੇ ਚਰਨਾਂ ਦਾ) ਮਿਲਾਪ ਦੇ ਦਿੱਤਾ ਹੈ ।੩।

(ਹੇ ਭਾਈ! ਸਾਧ ਸੰਗਤਿ ਦੀ ਕਿਰਪਾ ਨਾਲ ਮੇਰੇ ਮਨ ਦਾ) ਢੀਠ-ਪੁਣਾ ਮੁੱਕ ਗਿਆ ਹੈ, ਮੇਰੇ ਅੰਦਰ ਆਤਮਕ ਜੀਵਨ ਦੇਣ ਵਾਲਾ ਨਾਮ ਜਲ ਆ ਵੱਸਿਆ ਹੈ, ਗੁਰੂ ਦਾ ਸ਼ਬਦ ਮੈਨੂੰ ਪਿਆਰਾ ਲੱਗ ਰਿਹਾ ਹੈ । ਹੇ ਨਾਨਕ! (ਆਖ—ਹੇ ਭਾਈ!) ਹੁਣ ਮੈਂ ਜਲ ਵਿਚ, ਧਰਤੀ ਵਿਚ, ਆਕਾਸ਼ ਵਿਚ, ਸਭ ਥਾਂ ਵੱਸਣ ਵਾਲੇ ਸੋਹਣੇ ਰਾਮ ਨੂੰ ਵੇਖ ਲਿਆ ਹੈ ।੪।੩।

ਧਨਾਸਰੀ ਮਃ ੫ ॥ ਜਬ ਤੇ ਦਰਸਨ ਭੇਟੇ ਸਾਧੂ ਭਲੇ ਦਿਨਸ ਓਇ ਆਏ ॥ ਮਹਾ ਅਨੰਦੁ ਸਦਾ ਕਰਿ ਕੀਰਤਨੁ ਪੁਰਖ ਬਿਧਾਤਾ ਪਾਏ ॥੧॥ ਅਬ ਮੋਹਿ ਰਾਮ ਜਸੋ ਮਨਿ ਗਾਇਓ ॥ ਭਇਓ ਪ੍ਰਗਾਸੁ ਸਦਾ ਸੁਖੁ ਮਨ ਮਹਿ ਸਤਿਗੁਰੁ ਪੂਰਾ ਪਾਇਓ ॥੧॥ ਰਹਾਉ ॥ ਗੁਣ ਨਿਧਾਨੁ ਰਿਦ ਭੀਤਰਿ ਵਸਿਆ ਤਾ ਦੂਖੁ ਭਰਮ ਭਉ ਭਾਗਾ ॥ ਭਈ ਪਰਾਪਤਿ ਵਸਤੁ ਅਗੋਚਰ ਰਾਮ ਨਾਮਿ ਰੰਗੁ ਲਾਗਾ ॥੨॥ ਚਿੰਤ ਅਚਿੰਤਾ ਸੋਚ ਅਸੋਚਾ ਸੋਗੁ ਲੋਭੁ ਮੋਹੁ ਥਾਕਾ ॥ ਹਉਮੈ ਰੋਗ ਮਿਟੇ ਕਿਰਪਾ ਤੇ ਜਮ ਤੇ ਭਏ ਬਿਬਾਕਾ ॥੩॥ ਗੁਰ ਕੀ ਟਹਲ ਗੁਰੂ ਕੀ ਸੇਵਾ ਗੁਰ ਕੀ ਆਗਿਆ ਭਾਣੀ ॥ ਕਹੁ ਨਾਨਕ ਜਿਨਿ ਜਮ ਤੇ ਕਾਢੇ ਤਿਸੁ ਗੁਰ ਕੈ ਕੁਰਬਾਣੀ ॥੪॥੪॥ {ਪੰਨਾ 671}

ਪਦਅਰਥ:- ਜਬ ਤੇ—ਜਦੋਂ ਤੋਂ । ਭੇਟੇ—ਮਿਲੇ, ਪ੍ਰਾਪਤ ਕੀਤੇ । ਸਾਧੂ ਦਰਸਨ—ਗੁਰੂ ਦੇ ਦਰਸਣ । ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} । ਕਰਿ—ਕਰ ਕੇ । ਪੁਰਖ ਬਿਧਾਤਾ—ਸਰਬ-ਵਿਆਪਕ ਕਰਤਾਰ ।

ਮੋਹਿ—ਮੈਂ । ਜਸੋ—ਜਸੁ, ਸਿਫ਼ਤਿ-ਸਾਲਾਹ । ਮਨਿ—ਮਨ ਵਿਚ । ਪ੍ਰਗਾਸ—(ਆਤਮਕ ਜੀਵਨ ਦਾ) ਚਾਨਣ ।੧।ਰਹਾਉ।

ਨਿਧਾਨੁ—ਖ਼ਜ਼ਾਨਾ । ਰਿਦ—ਹਿਰਦਾ । ਅਗੋਚਰ ਵਸਤੁ—ਉਹ ਚੀਜ਼ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ {ਨੋਟ:- ਲਫ਼ਜ਼ 'ਵਸਤੁ' ਇਸਤ੍ਰੀ ਲਿੰਗ ਹੈ} । ਨਾਮਿ—ਨਾਮ ਵਿਚ । ਰੰਗੁ—ਪਿਆਰ ।੨।

ਅਚਿੰਤਾ—ਚਿੰਤਾ ਤੋਂ ਰਹਿਤ । ਅਸੋਚਾ—ਸੋਚਾਂ ਤੋਂ ਰਹਿਤ । ਸੋਗੁ—ਗ਼ਮ । ਤੇ—ਤੋਂ, ਨਾਲ । ਬਿਬਾਕਾ—ਨਿਡਰ, ਬੇ-ਬਾਕ ।੩।

ਭਾਣੀ—ਚੰਗੀ ਲੱਗਦੀ ਹੈ । ਜਿਨਿ—ਜਿਸ (ਗੁਰੂ) ਨੇ । ਕੈ—ਤੋਂ । ਕੁਰਬਾਣੀ—ਸਦਕੇ ।੪।

ਅਰਥ:- ਹੇ ਭਾਈ! ਮੈਨੂੰ ਪੂਰਾ ਗੁਰੂ ਮਿਲ ਪਿਆ ਹੈ, (ਇਸ ਵਾਸਤੇ ਉਸ ਦੀ ਕਿਰਪਾ ਨਾਲ) ਹੁਣ ਮੈਂ ਪਰਮਾਤਮਾ ਦੀ ਸਿਫ਼ਤਿ-ਸਾਲਾਹ (ਆਪਣੇ) ਮਨ ਵਿਚ ਗਾ ਰਿਹਾ ਹਾਂ, (ਮੇਰੇ ਅੰਦਰ ਆਤਮਕ ਜੀਵਨ ਦਾ) ਚਾਨਣ ਹੋ ਗਿਆ ਹੈ, ਮੇਰੇ ਮਨ ਵਿਚ ਸਦਾ ਆਨੰਦ ਬਣਿਆ ਰਹਿੰਦਾ ਹੈ ।੧।ਰਹਾਉ।

ਹੇ ਭਾਈ! ਜਦੋਂ ਤੋਂ ਗੁਰੂ ਦੇ ਦਰਸਨ ਪ੍ਰਾਪਤ ਹੋਏ ਹਨ, ਮੇਰੇ ਇਹੋ ਜਿਹੇ ਚੰਗੇ ਦਿਨ ਆ ਗਏ ਕਿ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ ਕਰ ਕੇ ਸਦਾ ਮੇਰੇ ਅੰਦਰ ਸੁਖ ਬਣਿਆ ਰਹਿੰਦਾ ਹੈ, ਮੈਨੂੰ ਸਰਬ-ਵਿਆਪਕ ਕਰਤਾਰ ਮਿਲ ਪਿਆ ਹੈ ।੧।

(ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਦੋਂ ਤੋਂ) ਗੁਣਾਂ ਦਾ ਖ਼ਜ਼ਾਨਾ ਪਰਮਾਤਮਾ ਮੇਰੇ ਹਿਰਦੇ ਵਿਚ ਆ ਵੱਸਿਆ ਹੈ, ਤਦੋਂ ਤੋਂ ਮੇਰਾ ਦੁੱਖ ਭਰਮ ਡਰ ਦੂਰ ਹੋ ਗਿਆ ਹੈ । ਪਰਮਾਤਮਾ ਦੇ ਨਾਮ ਵਿਚ ਮੇਰਾ ਪਿਆਰ ਬਣ ਗਿਆ ਹੈ, ਮੈਨੂੰ (ਉਹ ਉੱਤਮ) ਚੀਜ਼ ਪ੍ਰਾਪਤ ਹੋ ਗਈ ਹੈ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਸੀ ਹੋ ਸਕਦੀ ।੨।

(ਹੇ ਭਾਈ! ਗੁਰੂ ਦੇ ਦਰਸਨ ਦੀ ਬਰਕਤਿ ਨਾਲ) ਮੈਂ ਸਾਰੀਆਂ ਚਿੰਤਾਂ ਤੇ ਸੋਚਾਂ ਤੋਂ ਬਚ ਗਿਆ ਹਾਂ, (ਮੇਰੇ ਅੰਦਰੋਂ) ਗ਼ਮ ਮੁੱਕ ਗਿਆ ਹੈ, ਲੋਭ ਖ਼ਤਮ ਹੋ ਗਿਆ ਹੈ, ਮੋਹ ਦੂਰ ਹੋ ਗਿਆ ਹੈ । (ਗੁਰੂ ਦੀ) ਕਿਰਪਾ ਨਾਲ (ਮੇਰੇ ਅੰਦਰੋਂ) ਹਉਮੈ ਆਦਿਕ ਰੋਗ ਮਿਟ ਗਏ ਹਨ, ਮੈਂ ਜਮ-ਰਾਜ ਤੋਂ ਭੀ ਕੋਈ ਡਰ ਨਹੀਂ ਕਰਦਾ ।੩।

ਹੇ ਭਾਈ! ਹੁਣ ਮੈਨੂੰ ਗੁਰੂ ਦੀ ਟਹਲ-ਸੇਵਾ, ਗੁਰੂ ਦੀ ਰਜ਼ਾ ਹੀ ਪਿਆਰੀ ਲੱਗਦੀ ਹੈ । ਹੇ ਨਾਨਕ! ਆਖ—(ਹੇ

ਭਾਈ! ਮੈਂ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ ਮੈਨੂੰ ਜਮਾਂ ਤੋਂ ਬਚਾ ਲਿਆ ਹੈ ।੪।੪।

ਧਨਾਸਰੀ ਮਹਲਾ ੫ ॥ ਜਿਸ ਕਾ ਤਨੁ ਮਨੁ ਧਨੁ ਸਭੁ ਤਿਸ ਕਾ ਸੋਈ ਸੁਘੜੁ ਸੁਜਾਨੀ ॥ ਤਿਨ ਹੀ ਸੁਣਿਆ ਦੁਖੁ ਸੁਖੁ ਮੇਰਾ ਤਉ ਬਿਧਿ ਨੀਕੀ ਖਟਾਨੀ ॥੧॥ ਜੀਅ ਕੀ ਏਕੈ ਹੀ ਪਹਿ ਮਾਨੀ ॥ ਅਵਰਿ ਜਤਨ ਕਰਿ ਰਹੇ ਬਹੁਤੇਰੇ ਤਿਨ ਤਿਲੁ ਨਹੀ ਕੀਮਤਿ ਜਾਨੀ ॥ ਰਹਾਉ ॥ ਅੰਮ੍ਰਿਤ ਨਾਮੁ ਨਿਰਮੋਲਕੁ ਹੀਰਾ ਗੁਰਿ ਦੀਨੋ ਮੰਤਾਨੀ ॥ ਡਿਗੈ ਨ ਡੋਲੈ ਦ੍ਰਿੜੁ ਕਰਿ ਰਹਿਓ ਪੂਰਨ ਹੋਇ ਤ੍ਰਿਪਤਾਨੀ ॥੨॥ ਓਇ ਜੁ ਬੀਚ ਹਮ ਤੁਮ ਕਛੁ ਹੋਤੇ ਤਿਨ ਕੀ ਬਾਤ ਬਿਲਾਨੀ ॥ ਅਲੰਕਾਰ ਮਿਲਿ ਥੈਲੀ ਹੋਈ ਹੈ ਤਾ ਤੇ ਕਨਿਕ ਵਖਾਨੀ ॥੩॥ ਪ੍ਰਗਟਿਓ ਜੋਤਿ ਸਹਜ ਸੁਖ ਸੋਭਾ ਬਾਜੇ ਅਨਹਤ ਬਾਨੀ ॥ ਕਹੁ ਨਾਨਕ ਨਿਹਚਲ ਘਰੁ ਬਾਧਿਓ ਗੁਰਿ ਕੀਓ ਬੰਧਾਨੀ ॥੪॥੫॥ {ਪੰਨਾ 671}

ਪਦਅਰਥ:- ਜਿਸ ਕਾ, ਤਿਸ ਕਾ—{ਲਫ਼ਜ਼ 'ਜਿਸੁ' 'ਤਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਸੋਈ—ਉਹ (ਪ੍ਰਭੂ) ਹੀ । ਸੁਘੜੁ—ਸੁਚੱਜੀ ਆਤਮਕ ਘਾੜਤ ਵਾਲਾ । ਸੁਜਾਨੀ—ਸਿਆਣਾ । ਤਿਨ ਹੀ—ਤਿਨਿ ਹੀ {ਲਫ਼ਜ਼ 'ਤਿਨ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਣ ਉੱਡ ਗਈ ਹੈ} । ਤਉ—ਤਦੋਂ । ਨੀਕੀ ਬਿਧਿ—ਚੰਗੀ ਹਾਲਤ । ਖਟਾਨੀ—ਬਣ ਗਈ ।੧।

ਜੀਅ ਕੀ—ਜਿੰਦ ਦੀ । ਏਕੈ ਹੀ ਪਹਿ—ਇਕ ਪਰਮਾਤਮਾ ਦੇ ਪਾਸ ਹੀ । ਮਾਨੀ—ਮੰਨੀ ਜਾਂਦੀ ਹੈ । ਅਵਰਿ—{ਲਫ਼ਜ਼ 'ਅਵਰ' ਤੋਂ ਬਹੁ-ਵਚਨ} ਹੋਰ । ਤਿਨ ਕੀਮਤਿ—ਉਹਨਾਂ (ਜਤਨਾਂ) ਦੀ ਕੀਮਤਿ । ਜਾਨੀ—ਜਾਣੀ ਜਾਂਦੀ ।ਰਹਾਉ।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਨਿਰਮੋਲਕੁ—ਜਿਸ ਦਾ ਕੋਈ ਮੁੱਲ ਨਾਹ ਪਾਇਆ ਜਾ ਕੇ । ਗੁਰਿ—ਗੁਰੂ ਨੇ । ਮੰਤਾਨੀ—ਮੰਤਰ । ਦ੍ਰਿੜੁ ਕਰਿ ਰਹਿਓ—ਪੱਕੇ ਤੌਰ ਤੇ ਟਿਕ ਗਿਆ ।੨।

ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} । ਓਇ ਬੀਚ—ਉਹ ਅੰਤਰੇ, ਉਹ ਵਿੱਥਾਂ, ਉਹ ਵਿਤਕਰੇ । ਹਮ ਤੁਮ ਬੀਚ—ਅਸੀ ਤੁਸੀ ਵਾਲੇ ਵਿਤਕਰੇ, ਮੇਰ-ਤੇਰ ਵਾਲੇ ਵਿਤਕਰੇ । ਬਿਲਾਨੀ—ਬੀਤ ਜਾਂਦੀ ਹੈ, ਮੁੱਕ ਜਾਂਦੀ ਹੈ । ਅਲੰਕਾਰ—ਗਹਣੇ । ਮਿਲਿ—ਮਿਲ ਕੇ । ਥੈਲੀ—ਰੈਣੀ, ਢੇਲੀ । ਤਾ ਤੇ—ਉਸ (ਰੈਣੀ) ਤੋਂ । ਕਨਿਕ—ਸੋਨਾ ।੩।

ਸਹਜ ਸੁਖ—ਆਤਮਕ ਅਡੋਲਤਾ ਦੇ ਆਨੰਦ । ਬਾਜੇ—ਵੱਜਦੇ ਹਨ । ਅਨਹਤ—ਇਕ-ਰਸ, ਲਗਾਤਾਰ । ਬਾਨੀ—ਸਿਫ਼ਤਿ-ਸਾਲਾਹ ਵਾਲੀ ਗੁਰਬਾਣੀ । ਨਿਹਚਲ—ਅਟੱਲ । ਗੁਰਿ—ਗੁਰੂ ਨੇ । ਬੰਧਾਨੀ—ਮਰਯਾਦਾ ।੪।

ਅਰਥ:- ਹੇ ਭਾਈ! ਜਿੰਦ ਦੀ (ਅਰਦਾਸ) ਇਕ ਪਰਮਾਤਮਾ ਦੇ ਕੋਲ ਹੀ ਮੰਨੀ ਜਾਂਦੀ ਹੈ । (ਪਰਮਾਤਮਾ ਦੇ ਆਸਰੇ ਤੋਂ ਬਿਨਾ ਲੋਕ) ਹੋਰ ਬਥੇਰੇ ਜਤਨ ਕਰ ਕੇ ਥੱਕ ਜਾਂਦੇ ਹਨ, ਉਹਨਾਂ ਜਤਨਾਂ ਦਾ ਮੁੱਲ ਇਕ ਤਿਲ ਜਿਤਨਾ ਭੀ ਨਹੀਂ ਸਮਝਿਆ ਜਾਂਦਾ ।ਰਹਾਉ।

ਹੇ ਭਾਈ! ਜਿਸ ਪ੍ਰਭੂ ਦਾ ਦਿੱਤਾ ਹੋਇਆ ਇਹ ਸਰੀਰ ਤੇ ਮਨ ਹੈ, ਇਹ ਸਾਰਾ ਧਨ-ਪਦਾਰਥ ਭੀ ਉਸੇ ਦਾ ਦਿੱਤਾ ਹੋਇਆ ਹੈ, ਉਹੀ ਸੁਚੱਜਾ ਹੈ ਤੇ ਸਿਆਣਾ ਹੈ । ਅਸਾਂ ਜੀਵਾਂ ਦਾ ਦੁੱਖ ਸੁਖ (ਸਦਾ) ਉਸ ਪਰਮਾਤਮਾ ਨੇ ਹੀ ਸੁਣਿਆ ਹੈ, (ਜਦੋਂ ਉਹ ਸਾਡੀ ਅਰਦਾਸ-ਅਰਜ਼ੋਈ ਸੁਣਦਾ ਹੈ) ਤਦੋਂ (ਸਾਡੀ) ਹਾਲਤ ਚੰਗੀ ਬਣ ਜਾਂਦੀ ਹੈ

।੧।

ਹੇ ਭਾਈ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਨਾਮ ਇਕ ਐਸਾ ਹੀਰਾ ਹੈ ਜੇਹੜਾ ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ । ਗੁਰੂ ਨੇ ਇਹ ਨਾਮ-ਮੰਤਰ (ਜਿਸ ਮਨੁੱਖ ਨੂੰ) ਦੇ ਦਿੱਤਾ, ਉਹ ਮਨੁੱਖ (ਵਿਕਾਰਾਂ ਵਿਚ) ਡਿੱਗਦਾ ਨਹੀਂ, ਡੋਲਦਾ ਨਹੀਂ, ਉਹ ਮਨੁੱਖ ਪੱਕੇ ਇਰਾਦੇ ਵਾਲਾ ਬਣ ਜਾਂਦਾ ਹੈ, ਉਹ ਮੁਕੰਮਲ ਤੌਰ ਤੇ (ਮਾਇਆ ਵਲੋਂ) ਸੰਤੋਖੀ ਰਹਿੰਦਾ ਹੈ ।੨।

(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਪਾਸੋਂ ਨਾਮ-ਹੀਰਾ ਮਿਲ ਜਾਂਦਾ ਹੈ, ਉਸ ਦੇ ਅੰਦਰੋਂ) ਉਹਨਾਂ ਮੇਰ-ਤੇਰ ਵਾਲੇ ਸਾਰੇ ਵਿਤਕਰਿਆਂ ਦੀ ਗੱਲ ਮੁੱਕ ਜਾਂਦੀ ਹੈ ਜੋ ਜਗਤ ਵਿਚ ਬੜੇ ਪ੍ਰਬਲ ਹਨ । (ਉਸ ਮਨੁੱਖ ਨੂੰ ਹਰ ਪਾਸੇ ਪਰਮਾਤਮਾ ਹੀ ਇਉਂ ਦਿੱਸਦਾ ਹੈ, ਜਿਵੇਂ) ਅਨੇਕਾਂ ਗਹਣੇ ਮਿਲ ਕੇ (ਗਾਲੇ ਜਾ ਕੇ) ਰੈਣੀ ਬਣ ਜਾਂਦੀ ਹੈ, ਤੇ, ਉਸ ਢੇਲੀ ਤੋਂ ਉਹ ਸੋਨਾ ਹੀ ਅਖਵਾਂਦੀ ਹੈ ।੩।

(ਹੇ ਭਾਈ! ਜਿਸ ਮਨੁੱਖ ਦੇ ਅੰਦਰ ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਦੀ ਜੋਤਿ ਦਾ ਪਰਕਾਸ਼ ਹੋ ਜਾਂਦਾ ਹੈ, ਉਸ ਦੇ ਅੰਦਰ ਆਤਮਕ ਅਡੋਲਤਾ ਦੇ ਆਨੰਦ ਪੈਦਾ ਹੋ ਜਾਂਦੇ ਹਨ, ਉਸ ਨੂੰ ਹਰ ਥਾਂ ਸੋਭਾ ਮਿਲਦੀ ਹੈ, ਉਸ ਦੇ ਹਿਰਦੇ ਵਿਚ ਸਿਫ਼ਤਿ-ਸਾਲਾਹ ਦੀ ਬਾਣੀ ਦੇ (ਮਾਨੋ) ਇਕ-ਰਸ ਵਾਜੇ ਵੱਜਦੇ ਰਹਿੰਦੇ ਹਨ । ਹੇ ਨਾਨਕ! ਆਖ—ਗੁਰੂ ਨੇ ਜਿਸ ਮਨੁੱਖ ਵਾਸਤੇ ਇਹ ਪ੍ਰਬੰਧ ਕਰ ਦਿੱਤਾ, ਉਹ ਮਨੁੱਖ ਸਦਾ ਲਈ ਪ੍ਰਭੂ-ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰ ਲੈਂਦਾ ਹੈ ।੪।੫।

ਧਨਾਸਰੀ ਮਹਲਾ ੫ ॥ ਵਡੇ ਵਡੇ ਰਾਜਨ ਅਰੁ ਭੂਮਨ ਤਾ ਕੀ ਤ੍ਰਿਸਨ ਨ ਬੂਝੀ ॥ ਲਪਟਿ ਰਹੇ ਮਾਇਆ ਰੰਗ ਮਾਤੇ ਲੋਚਨ ਕਛੂ ਨ ਸੂਝੀ ॥੧॥ ਬਿਖਿਆ ਮਹਿ ਕਿਨ ਹੀ ਤ੍ਰਿਪਤਿ ਨ ਪਾਈ ॥ ਜਿਉ ਪਾਵਕੁ ਈਧਨਿ ਨਹੀ ਧ੍ਰਾਪੈ ਬਿਨੁ ਹਰਿ ਕਹਾ ਅਘਾਈ ॥ ਰਹਾਉ ॥ ਦਿਨੁ ਦਿਨੁ ਕਰਤ ਭੋਜਨ ਬਹੁ ਬਿੰਜਨ ਤਾ ਕੀ ਮਿਟੈ ਨ ਭੂਖਾ ॥ ਉਦਮੁ ਕਰੈ ਸੁਆਨ ਕੀ ਨਿਆਈ ਚਾਰੇ ਕੁੰਟਾ ਘੋਖਾ ॥੨॥ ਕਾਮਵੰਤ ਕਾਮੀ ਬਹੁ ਨਾਰੀ ਪਰ ਗ੍ਰਿਹ ਜੋਹ ਨ ਚੂਕੈ ॥ ਦਿਨ ਪ੍ਰਤਿ ਕਰੈ ਕਰੈ ਪਛੁਤਾਪੈ ਸੋਗ ਲੋਭ ਮਹਿ ਸੂਕੈ ॥੩॥ ਹਰਿ ਹਰਿ ਨਾਮੁ ਅਪਾਰ ਅਮੋਲਾ ਅੰਮ੍ਰਿਤੁ ਏਕੁ ਨਿਧਾਨਾ ॥ ਸੂਖੁ ਸਹਜੁ ਆਨੰਦੁ ਸੰਤਨ ਕੈ ਨਾਨਕ ਗੁਰ ਤੇ ਜਾਨਾ ॥੪॥੬॥ {ਪੰਨਾ 672}

ਪਦਅਰਥ:- ਰਾਜਨ—ਰਾਜੇ । ਭੂਮਨ—ਜ਼ਿਮੀਂ ਦੇ ਮਾਲਕ । ਤਾ ਕੀ—ਉਹਨਾਂ ਦੀ । ਤ੍ਰਿਸਨ—ਲਾਲਚ, ਤ੍ਰੇਹ । ਲਪਟਿ ਰਹੇ—ਚੰਬੜੇ ਰਹਿੰਦੇ ਹਨ । ਮਾਤੇ—ਮਸਤ । ਲੋਚਨ—ਅੱਖਾਂ ।੧।

ਬਿਖਿਆ—ਮਾਇਆ । ਕਿਨ ਹੀ—ਕਿਨਿ ਹੀ {ਲਫ਼ਜ਼ 'ਕਿਨਿ ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} ਕਿਸੇ ਨੇ ਭੀ । ਤ੍ਰਿਪਤਿ—ਸ਼ਾਂਤੀ, ਰਜੇਵਾਂ । ਪਾਵਕੁ—ਅੱਗ । ਈਧਨਿ—ਈਧਨ ਨਾਲ, ਬਾਲਣ ਨਾਲ । ਧ੍ਰਾਪੈ—ਰੱਜਦੀ । ਕਹਾ—ਕਿੱਥੇ? ਅਘਾਈ—ਰੱਜਦਾ ਹੈ ।ਰਹਾਉ।

ਦਿਨੁ ਦਿਨੁ—ਹਰ ਰੋਜ਼ । ਬਿੰਜਨ—{òXਂjn} ਸੁਆਦਲੇ ਖਾਣੇ । ਤਾ ਕੀ—ਉਸ (ਮਨੁੱਖ) ਦੀ । ਸੁਆਨ—ਕੁੱਤਾ । ਨਿਆਈ—ਵਾਂਗ । ਘੋਖਾ—ਭਾਲਦਾ ਫਿਰਦਾ ਹੈ ।੨।

ਕਾਮਵੰਤ—ਕਾਮ-ਵਾਸਨਾ ਵਾਲਾ । ਕਾਮੀ—ਵਿਸ਼ਈ । ਪਰ ਗ੍ਰਿਹ ਜੋਹ—ਪਰਾਏ ਘਰ ਦੀ ਤੱਕ । ਜੋਹ—ਤੱਕ, ਮੰਦ ਦ੍ਰਿਸ਼ਟੀ, ਭੈੜੀ ਵਿਕਾਰ-ਭਰੀ ਨਿਗਾਹ । ਦਿਨ ਪ੍ਰਤਿ—ਹਰ ਰੋਜ਼ । ਸੂਕੈ—ਸੁੱਕਦਾ ਜਾਂਦਾ ਹੈ ।੩।

ਨਿਧਾਨਾ—ਖ਼ਜ਼ਾਨਾ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ । ਸਹਜੁ—ਆਤਮਕ ਅਡੋਲਤਾ । ਕੈ—ਦੇ (ਹਿਰਦੇ) ਵਿਚ । ਤੇ—ਤੋਂ, ਪਾਸੋਂ ।੪।

ਅਰਥ:- ਹੇ ਭਾਈ! ਮਾਇਆ (ਦੇ ਮੋਹ) ਵਿਚ (ਫਸੇ ਰਹਿ ਕੇ) ਕਿਸੇ ਮਨੁੱਖ ਨੇ (ਮਾਇਆ ਵਲੋਂ) ਰੱਜ ਪ੍ਰਾਪਤ ਨਹੀਂ ਕੀਤਾ, ਜਿਵੇਂ ਅੱਗ ਬਾਲਣ ਨਾਲ ਨਹੀਂ ਰੱਜਦੀ । ਪਰਮਾਤਮਾ ਦੇ ਨਾਮ ਤੋਂ ਬਿਨਾ ਮਨੁੱਖ ਕਦੇ ਰੱਜ ਨਹੀਂ ਸਕਦਾ । ਰਹਾਉ।

(ਹੇ ਭਾਈ! ਦੁਨੀਆ ਵਿਚ) ਵੱਡੇ ਵੱਡੇ ਰਾਜੇ ਹਨ, ਵੱਡੇ ਵੱਡੇ ਜ਼ਿਮੀਦਾਰ ਹਨ, (ਮਾਇਆ ਵਲੋਂ) ਉਹਨਾਂ ਦੀ ਤ੍ਰਿਸ਼ਨਾ ਕਦੇ ਭੀ ਨਹੀਂ ਮੁੱਕਦੀ ਉਹ ਮਾਇਆ ਦੇ ਕੌਤਕਾਂ ਵਿਚ ਮਸਤ ਰਹਿੰਦੇ ਹਨ, ਮਾਇਆ ਨਾਲ ਚੰਬੜੇ ਰਹਿੰਦੇ ਹਨ । (ਮਾਇਆ ਤੋਂ ਬਿਨਾ) ਹੋਰ ਕੁਝ ਉਹਨਾਂ ਨੂੰ ਅੱਖੀਂ ਦਿੱਸਦਾ ਹੀ ਨਹੀਂ ।੧।

ਹੇ ਭਾਈ! ਜੇਹੜਾ ਮਨੁੱਖ ਹਰ ਰੋਜ਼ ਸੁਆਦਲੇ ਖਾਣੇ ਖਾਂਦਾ ਰਹਿੰਦਾ ਹੈ, ਉਸ ਦੀ (ਸੁਆਦਲੇ ਖਾਣਿਆਂ ਦੀ) ਭੁੱਖ ਕਦੇ ਨਹੀਂ ਮੁੱਕਦੀ । (ਸੁਆਦਲੇ ਖਾਣਿਆਂ ਦੀ ਖ਼ਾਤਰ) ਉਹ ਮਨੁੱਖ ਕੁੱਤੇ ਵਾਂਗ ਦੌੜ-ਭੱਜ ਕਰਦਾ ਰਹਿੰਦਾ ਹੈ, ਚਾਰੇ ਪਾਸੇ ਭਾਲਦਾ ਫਿਰਦਾ ਹੈ ।੨।

ਹੇ ਭਾਈ! ਕਾਮ-ਵੱਸ ਹੋਏ ਵਿਸ਼ਈ ਮਨੁੱਖ ਦੀਆਂ ਭਾਵੇਂ ਕਿਤਨੀਆਂ ਹੀ ਇਸਤ੍ਰੀਆਂ ਹੋਣ, ਪਰਾਏ ਘਰ ਵਲ ਉਸ ਦੀ ਮੰਦੀ ਨਿਗਾਹ ਫਿਰ ਭੀ ਨਹੀਂ ਹਟਦੀ । ਉਹ ਹਰ ਰੋਜ਼ (ਵਿਸ਼ੇ-ਪਾਪ) ਕਰਦਾ ਹੈ, ਤੇ, ਪਛੁਤਾਂਦਾ (ਭੀ) ਹੈ । ਸੋ, ਇਸ ਕਾਮ-ਵਾਸਨਾ ਵਿਚ ਅਤੇ ਪਛੁਤਾਵੇ ਵਿਚ ਉਸ ਦਾ ਆਤਮਕ ਜੀਵਨ ਸੁੱਕਦਾ ਜਾਂਦਾ ਹੈ ।੩।

ਹੇ ਭਾਈ! ਪਰਮਾਤਮਾ ਦਾ ਨਾਮ ਹੀ ਇਕ ਐਸਾ ਬੇਅੰਤ ਤੇ ਕੀਮਤੀ ਖ਼ਜ਼ਾਨਾ ਹੈ ਜੇਹੜਾ ਆਤਮਕ ਜੀਵਨ ਦੇਂਦਾ ਹੈ, (ਇਸ ਨਾਮ-ਖ਼ਜ਼ਾਨੇ ਦੀ ਬਰਕਤਿ ਨਾਲ) ਸੰਤ ਜਨਾਂ ਦੇ ਹਿਰਦੇ-ਘਰ ਵਿਚ ਆਤਮਕ ਅਡੋਲਤਾ ਬਣੀ ਰਹਿੰਦੀ ਹੈ, ਸੁਖ ਆਨੰਦ ਬਣਿਆ ਰਹਿੰਦਾ ਹੈ । ਪਰ, ਹੇ ਨਾਨਕ! ਗੁਰੂ ਪਾਸੋਂ ਹੀ ਇਸ ਖ਼ਜ਼ਾਨੇ ਦੀ ਜਾਣ-ਪਛਾਣ ਪ੍ਰਾਪਤ ਹੁੰਦੀ ਹੈ ।੪।੬।

ਧਨਾਸਰੀ ਮਃ ੫ ॥ ਲਵੈ ਨ ਲਾਗਨ ਕਉ ਹੈ ਕਛੂਐ ਜਾ ਕਉ ਫਿਰਿ ਇਹੁ ਧਾਵੈ ॥ ਜਾ ਕਉ ਗੁਰਿ ਦੀਨੋ ਇਹੁ ਅੰਮ੍ਰਿਤੁ ਤਿਸ ਹੀ ਕਉ ਬਨਿ ਆਵੈ ॥੧॥ ਜਾ ਕਉ ਆਇਓ ਏਕੁ ਰਸਾ ॥ ਖਾਨ ਪਾਨ ਆਨ ਨਹੀ ਖੁਧਿਆ ਤਾ ਕੈ ਚਿਤਿ ਨ ਬਸਾ ॥ ਰਹਾਉ ॥ ਮਉਲਿਓ ਮਨੁ ਤਨੁ ਹੋਇਓ ਹਰਿਆ ਏਕ ਬੂੰਦ ਜਿਨਿ ਪਾਈ ॥ ਬਰਨਿ ਨ ਸਾਕਉ ਉਸਤਤਿ ਤਾ ਕੀ ਕੀਮਤਿ ਕਹਣੁ ਨ ਜਾਈ ॥੨॥ ਘਾਲ ਨ ਮਿਲਿਓ ਸੇਵ ਨ ਮਿਲਿਓ ਮਿਲਿਓ ਆਇ ਅਚਿੰਤਾ ॥ ਜਾ ਕਉ ਦਇਆ ਕਰੀ ਮੇਰੈ ਠਾਕੁਰਿ ਤਿਨਿ ਗੁਰਹਿ ਕਮਾਨੋ ਮੰਤਾ ॥੩॥ ਦੀਨ ਦੈਆਲ ਸਦਾ ਕਿਰਪਾਲਾ ਸਰਬ ਜੀਆ ਪ੍ਰਤਿਪਾਲਾ ॥ ਓਤਿ ਪੋਤਿ ਨਾਨਕ ਸੰਗਿ ਰਵਿਆ ਜਿਉ ਮਾਤਾ ਬਾਲ ਗੋੁਪਾਲਾ ॥੪॥੭॥ {ਪੰਨਾ 672}

ਪਦਅਰਥ:- ਲਵੈ ਨ—ਨੇੜੇ ਨਹੀਂ ਪਹੁੰਚ ਸਕਦੀ । ਕਛੂਐ—ਕੋਈ ਭੀ ਚੀਜ਼ । ਜਾ ਕਉ—ਜਿਸ ਦੀ ਖ਼ਾਤਰ । ਫਿਰਿ—ਮੁੜ ਮੁੜ । ਧਾਵੈ—ਦੌੜਦਾ ਹੈ । ਗੁਰਿ—ਗੁਰੂ ਨੇ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਤਿਸ ਹੀ ਕਉ—{ਲਫ਼ਜ਼ 'ਤਿਸੁ' ਦਾ ੁ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ} । ਬਨਿ ਆਵੈ—ਸੋਭਦਾ ਹੈ ।੧।

ਖੁਧਿਆ—ਭੁੱਖ । ਆਨ—ਕੋਈ ਹੋਰ । ਤਾ ਕੈ ਚਿਤਿ—ਉਸ ਦੇ ਚਿੱਤ ਵਿਚ ।ਰਹਾਉ।

ਮਉਲਿਓ—ਖਿੜ ਪਿਆ । ਜਿਨਿ—ਜਿਸ (ਮਨੁੱਖ) ਨੇ । ਬਰਨਿ ਨ ਸਾਕਉ—{ਸਾਕਉਂ} ਮੈਂ ਬਿਆਨ ਨਹੀਂ ਕਰ ਸਕਦਾ । ਤਾ ਕੀ—ਉਸ (ਮਨੁੱਖ) ਦੀ ।੨।

ਘਾਲ—ਮੇਹਨਤ । ਅਚਿੰਤਾ—ਉਸ ਦੇ ਚਿਤ-ਚੇਤੇ ਤੋਂ ਬਾਹਰਾ ਹੀ । ਠਾਕੁਰਿ—ਠਾਕੁਰ ਨੇ । ਤਿਨਿ—ਉਸ (ਮਨੁੱਖ) ਨੇ । ਗੁਰਹਿ ਮੰਤਾ—ਗੁਰੂ ਦਾ ਹੀ ਉਪਦੇਸ਼ ।੩।

ਓਤਿ ਪੋਤਿ—ਤਾਣੇ ਪੇਟੇ ਵਾਂਗ । ਓਤ—ਉਣਿਆ ਹੋਇਆ । ਪੋਤ—ਪ੍ਰੋਤਾ ਹੋਇਆ । ਸੰਗਿ—ਨਾਲ । ਗੁੋਪਾਲਾ—{ਅਸਲ ਲਫ਼ਜ਼ ‘ਗੋਪਾਲ’ ਹੈ, ਇਥੇ ‘ਗੁਪਾਲਾ’ ਪੜ੍ਹਨਾ ਹੈ} ਪਰਮਾਤਮਾ ।੪।

ਅਰਥ:- ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਆ ਗਿਆ, ਉਸ ਨੂੰ ਖਾਣ-ਪੀਣ ਆਦਿਕ ਦੀ ਕੋਈ ਹੋਰ ਭੁੱਖ ਨਹੀਂ ਰਹਿੰਦੀ, ਕੋਈ ਹੋਰ ਭੁੱਖ ਉਸ ਦੇ ਚਿੱਤ ਵਿਚ ਨਹੀਂ ਟਿਕ ਸਕਦੀ ।ਰਹਾਉ।

ਹੇ ਭਾਈ! ਇਹ ਮਨੁੱਖ ਜਿਸ ਜਿਸ ਮਾਇਕ ਪਦਾਰਥ ਦੀ ਖ਼ਾਤਰ ਭਟਕਦਾ ਫਿਰਦਾ ਹੈ, ਉਹਨਾਂ ਵਿਚੋਂ ਕੋਈ ਭੀ ਚੀਜ਼ (ਪਰਮਾਤਮਾ ਦੇ ਨਾਮ-ਅੰਮ੍ਰਿਤ ਦੀ) ਬਰਾਬਰੀ ਨਹੀਂ ਕਰ ਸਕਦੀ । ਗੁਰੂ ਨੇ ਜਿਸ ਮਨੁੱਖ ਨੂੰ ਇਹ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਦੇ ਦਿੱਤਾ, ਉਸ ਨੂੰ ਹੀ ਇਸ ਦੀ ਕਦਰ ਦੀ ਸਮਝ ਪੈਂਦੀ ਹੈ ।੧।

ਹੇ ਭਾਈ! ਜਿਸ ਮਨੁੱਖ ਨੇ (ਨਾਮ-ਜਲ ਦੀ) ਸਿਰਫ਼ ਇਕ ਬੂੰਦ ਹੀ ਹਾਸਲ ਕਰ ਲਈ, ਉਸ ਦਾ ਮਨ ਖਿੜ ਪੈਂਦਾ ਹੈ ਉਸ ਦਾ ਸਰੀਰ (ਆਤਮਕ ਜਲ ਨਾਲ) ਹਰਾ ਹੋ ਆਉਂਦਾ ਹੈ । ਹੇ ਭਾਈ! ਮੈਂ ਉਸ ਮਨੁੱਖ ਦੀ ਵਡਿਆਈ ਬਿਆਨ ਨਹੀਂ ਕਰ ਸਕਦਾ, ਉਸ ਮਨੁੱਖ (ਦੇ ਆਤਮਕ ਜੀਵਨ) ਦੀ ਕੀਮਤ ਨਹੀਂ ਦੱਸੀ ਜਾ ਸਕਦੀ ।੨।

ਹੇ ਭਾਈ! ਇਹ ਨਾਮ-ਰਸ (ਆਪਣੀ ਕਿਸੇ) ਮੇਹਨਤ ਨਾਲ ਨਹੀਂ ਮਿਲਦਾ, ਆਪਣੀ ਕਿਸੇ ਸੇਵਾ ਦੇ ਬਲ ਨਾਲ ਨਹੀਂ ਮਿਲਦਾ । ਪਿਆਰੇ ਪ੍ਰਭੂ ਨੇ ਜਿਸ ਮਨੁੱਖ ਉਤੇ ਮੇਹਰ ਕੀਤੀ, ਉਸ ਮਨੁੱਖ ਨੇ ਗੁਰੂ ਦੇ ਉਪਦੇਸ਼ ਉਤੇ ਅਮਲ ਕੀਤਾ, ਤੇ, ਉਸ ਨੂੰ ਉਸ ਦੇ ਚਿਤ-ਚੇਤੇ ਤੋਂ ਬਾਹਰਾ ਹੀ ਪ੍ਰਾਪਤ ਹੋ ਗਿਆ ।੩।

ਹੇ ਨਾਨਕ! ਪਰਮਾਤਮਾ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਸਦਾ ਹੀ ਮੇਹਰਬਾਨ ਰਹਿੰਦਾ ਹੈ, ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ । ਜਿਵੇਂ ਮਾਂ ਆਪਣੇ ਬੱਚੇ ਨੂੰ ਸਦਾ ਆਪਣੇ ਚਿੱਤ ਵਿਚ ਟਿਕਾ ਰੱਖਦੀ ਹੈ, ਇਸੇ ਤਰ੍ਹਾਂ ਉਹ ਗੋਪਾਲ-ਪ੍ਰਭੂ ਤਾਣੇ ਪੇਟੇ ਵਾਂਗ ਉਸ ਮਨੁੱਖ ਦੇ ਨਾਲ ਮਿਲਿਆ ਰਹਿੰਦਾ ਹੈ (ਜਿਸ ਨੂੰ ਹਰਿ-ਨਾਮ ਦਾ ਸੁਆਦ ਆ ਜਾਂਦਾ ਹੈ) ।੪।੭।

ਧਨਾਸਰੀ ਮਹਲਾ ੫ ॥ ਬਾਰਿ ਜਾਉ ਗੁਰ ਅਪੁਨੇ ਊਪਰਿ ਜਿਨਿ ਹਰਿ ਹਰਿ ਨਾਮੁ ਦ੍ਰਿੜ੍ਹਾਯਾ ॥ ਮਹਾ ਉਦਿਆਨ ਅੰਧਕਾਰ ਮਹਿ ਜਿਨਿ ਸੀਧਾ ਮਾਰਗੁ ਦਿਖਾਯਾ ॥੧॥ ਹਮਰੇ ਪ੍ਰਾਨ ਗੁਪਾਲ ਗੋਬਿੰਦ ॥ ਈਹਾ ਊਹਾ ਸਰਬ ਥੋਕ ਕੀ ਜਿਸਹਿ ਹਮਾਰੀ ਚਿੰਦ ॥੧॥ ਰਹਾਉ ॥ ਜਾ ਕੈ ਸਿਮਰਨਿ ਸਰਬ ਨਿਧਾਨਾ ਮਾਨੁ ਮਹਤੁ ਪਤਿ ਪੂਰੀ ॥ ਨਾਮੁ ਲੈਤ ਕੋਟਿ ਅਘ ਨਾਸੇ ਭਗਤ ਬਾਛਹਿ ਸਭਿ ਧੂਰੀ ॥੨॥ ਸਰਬ ਮਨੋਰਥ ਜੇ ਕੋ ਚਾਹੈ ਸੇਵੈ ਏਕੁ ਨਿਧਾਨਾ ॥ ਪਾਰਬ੍ਰਹਮ ਅਪਰੰਪਰ ਸੁਆਮੀ ਸਿਮਰਤ ਪਾਰਿ ਪਰਾਨਾ ॥੩॥ ਸੀਤਲ ਸਾਂਤਿ ਮਹਾ ਸੁਖੁ ਪਾਇਆ ਸੰਤਸੰਗਿ ਰਹਿਓ ਓਲ੍ਹਾ ॥ ਹਰਿ ਧਨੁ ਸੰਚਨੁ ਹਰਿ ਨਾਮੁ ਭੋਜਨੁ ਇਹੁ ਨਾਨਕ ਕੀਨੋ ਚੋਲ੍ਹਾ ॥੪॥੮॥ {ਪੰਨਾ 672}

ਪਦਅਰਥ:- ਬਾਰਿ ਜਾਉ—{ਜਾਉਂ} ਮੈਂ ਸਦਕੇ ਜਾਂਦਾ ਹਾਂ । ਜਿਨਿ—ਜਿਸ (ਗੁਰੂ) ਨੇ । ਉਦਿਆਨ—ਜੰਗਲ । ਅੰਧਕਾਰ—ਘੁੱਪ ਹਨੇਰਾ । ਮਾਰਗੁ—ਰਸਤਾ ।੧।

ਪ੍ਰਾਨ—ਜਿੰਦ, ਜਿੰਦ ਦਾ ਆਸਰਾ । ਗੁਪਾਲ—ਗੋਪਾਲ, ਸ੍ਰਿਸ਼ਟੀ ਦਾ ਪਾਲਣ ਵਾਲਾ । ਈਹਾ—ਇਸ ਲੋਕ ਵਿਚ । ਊਹਾ—ਪਰਲੋਕ ਵਿਚ । ਜਿਸਹਿ—ਜਿਸ (ਪ੍ਰਭੂ) ਨੂੰ । ਚਿੰਦ—ਚਿੰਤਾ, ਫ਼ਿਕਰ, ਧਿਆਨ ।੧।ਰਹਾਉ।

ਕੈ ਸਿਮਰਨਿ—ਦੇ ਸਿਮਰਨ ਦੀ ਰਾਹੀਂ । ਨਿਧਾਨ—ਖ਼ਜ਼ਾਨੇ । ਮਾਨੁ—ਆਦਰ । ਮਹਤੁ—ਵਡਿਆਈ । ਪਤਿ—ਇੱਜ਼ਤ । ਲੈਤ—ਲੈਂਦਿਆਂ, ਸਿਮਰਦਿਆਂ । ਅਘ—ਪਾਪ । ਬਾਛਹਿ—ਚਾਹੁੰਦੇ ਹਨ । ਸਭਿ—ਸਾਰੇ । ਧੂਰੀ—ਚਰਨ-ਧੂੜ ।੨।

ਮਨੋਰਥ—ਮਨੋ-ਕਾਮਨਾ, ਮਨ ਦੀਆਂ ਮੁਰਾਦਾਂ । ਕੋ—ਕੋਈ ਮਨੁੱਖ । ਸੇਵੈ—ਸਿਮਰਨ ਕਰੇ । ਅਪਰੰਪਰ—ਬੇਅੰਤ । ਪਾਰਿ ਪਰਨਾ—ਪਾਰ ਲੰਘ ਜਾਈਦਾ ਹੈ ।੩।

ਸੀਤਲ—ਠੰਢਾ । ਸੰਗਿ—ਸੰਗਤਿ ਵਿਚ । ਓਲ੍ਹਾ—ਪਰਦਾ, ਇੱਜ਼ਤ । ਸੰਚਨੁ—ਇਕੱਠਾ ਕਰਨਾ । ਚੋਲ੍ਹਾ—ਸੁਆਦਲਾ ਖਾਣਾ ।੪।

ਅਰਥ:- ਹੇ ਭਾਈ! ਜਿਸ ਪਰਮਾਤਮਾ ਨੂੰ (ਇਸ ਲੋਕ ਵਿਚ ਪਰੋਲਕ ਵਿਚ) ਸਾਡੀਆਂ ਸਾਰੀਆਂ ਲੋੜਾਂ ਪੂਰੀਆਂ ਕਰਨ ਦਾ ਫ਼ਿਕਰ ਹੈ ਉਹ ਸਾਡੀ ਜਿੰਦ ਦਾ ਆਸਰਾ ਹੈ ।੧।ਰਹਾਉ।

ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ ਪਰਮਾਤਮਾ ਦਾ ਨਾਮ (ਮੇਰੇ ਹਿਰਦੇ ਵਿਚ) ਪੱਕਾ ਕਰ ਦਿੱਤਾ ਹੈ; ਜਿਸ ਨੇ ਇਸ ਵੱਡੇ ਅਤੇ (ਮਾਇਆ ਦੇ ਮੋਹ ਦੇ) ਘੁੱਪ ਹਨੇਰੇ (ਸੰਸਾਰ-) ਜੰਗਲ ਵਿਚ (ਆਤਮਕ ਜੀਵਨ ਪ੍ਰਾਪਤ ਕਰਨ ਲਈ) ਮੈਨੂੰ ਸਿੱਧਾ ਰਾਹ ਵਿਖਾ ਦਿੱਤਾ ਹੈ ।੧।

ਹੇ ਭਾਈ! (ਉਹ ਪਰਮਾਤਮਾ ਸਾਡੀ ਜਿੰਦ ਦਾ ਆਸਰਾ ਹੈ) ਜਿਸ ਦੇ ਸਿਮਰਨ ਦੀ ਬਰਕਤਿ ਨਾਲ ਸਾਰੇ ਖ਼ਜ਼ਾਨੇ ਪ੍ਰਾਪਤ ਹੋ ਜਾਂਦੇ ਹਨ, ਆਦਰ ਮਿਲਦਾ ਹੈ, ਵਡਿਆਈ ਮਿਲਦੀ ਹੈ, ਪੂਰੀ ਇੱਜ਼ਤ ਮਿਲਦੀ ਹੈ, ਜਿਸ ਦਾ ਨਾਮ ਸਿਮਰਿਆਂ ਕ੍ਰੋੜਾਂ ਪਾਪ ਨਾਸ ਹੋ ਜਾਂਦੇ ਹਨ । (ਹੇ ਭਾਈ!) ਸਾਰੇ ਭਗਤ ਉਸ ਪਰਮਾਤਮਾ ਦੇ ਚਰਨਾਂ ਦੀ ਧੂੜ ਲੋਚਦੇ ਰਹਿੰਦੇ ਹਨ ।੨।

ਹੇ ਭਾਈ! ਜੋ ਕੋਈ ਮਨੁੱਖ ਸਾਰੀਆਂ ਮੁਰਾਦਾਂ (ਪੂਰੀਆਂ ਕਰਨੀਆਂ) ਚਾਹੁੰਦਾ ਹੈ (ਤਾਂ ਉਸ ਨੂੰ ਚਾਹੀਦਾ ਹੈ ਕਿ) ਉਹ ਉਸ ਇੱਕ ਪਰਮਾਤਮਾ ਦੀ ਸੇਵਾ-ਭਗਤੀ ਕਰੇ ਜੋ ਸਾਰੇ ਪਦਾਰਥਾਂ ਦਾ ਖ਼ਜ਼ਾਨਾ ਹੈ । ਹੇ ਭਾਈ! ਸਾਰੇ ਜਗਤ ਦੇ ਮਾਲਕ ਬੇਅੰਤ ਪਰਮਾਤਮਾ ਦਾ ਸਿਮਰਨ ਕੀਤਿਆਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ ।੩।

ਹੇ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਧਨ ਇਕੱਠਾ ਕੀਤਾ ਹੈ, ਪਰਮਾਤਮਾ ਦੇ ਨਾਮ ਨੂੰ (ਆਪਣੇ ਆਤਮਾ ਵਾਸਤੇ) ਭੋਜਨ ਬਣਾਇਆ ਹੈ ਸੁਆਦਲਾ ਖਾਣਾ ਬਣਾਇਆ ਹੈ, (ਉਸ ਦਾ ਹਿਰਦਾ) ਠੰਢਾ-ਠਾਰ ਰਹਿੰਦਾ ਹੈ, ਉਸ ਨੂੰ ਸ਼ਾਂਤੀ ਪ੍ਰਾਪਤ ਰਹਿੰਦੀ ਹੈ, ਉਸ ਨੂੰ ਬੜਾ ਆਨੰਦ ਬਣਿਆ ਰਹਿੰਦਾ ਹੈ । ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ ਉਸ ਦੀ ਇੱਜ਼ਤ ਬਣੀ ਰਹਿੰਦੀ ਹੈ (ਤੇ ਕੋਈ ਪਾਪ ਉਸ ਦੇ ਨੇੜੇ ਨਹੀਂ ਢੁਕਦੇ) ।੪।੮।

ਧਨਾਸਰੀ ਮਹਲਾ ੫ ॥ ਜਿਹ ਕਰਣੀ ਹੋਵਹਿ ਸਰਮਿੰਦਾ ਇਹਾ ਕਮਾਨੀ ਰੀਤਿ ॥ ਸੰਤ ਕੀ ਨਿੰਦਾ ਸਾਕਤ ਕੀ ਪੂਜਾ ਐਸੀ ਦ੍ਰਿੜੀ ਬਿਪਰੀਤਿ ॥੧॥ ਮਾਇਆ ਮੋਹ ਭੂਲੋ ਅਵਰੈ ਹੀਤ ॥ ਹਰਿਚੰਦਉਰੀ ਬਨ ਹਰ ਪਾਤ ਰੇ ਇਹੈ ਤੁਹਾਰੋ ਬੀਤ ॥੧॥ ਰਹਾਉ ॥ ਚੰਦਨ ਲੇਪ ਹੋਤ ਦੇਹ ਕਉ ਸੁਖੁ ਗਰਧਭ

ਭਸਮ ਸੰਗੀਤਿ ॥ ਅੰਮ੍ਰਿਤ ਸੰਗਿ ਨਾਹਿ ਰੁਚ ਆਵਤ ਬਿਖੈ ਠਗਉਰੀ ਪ੍ਰੀਤਿ ॥੨॥ ਉਤਮ ਸੰਤ ਭਲੇ ਸੰਜੋਗੀ ਇਸੁ ਜੁਗ ਮਹਿ ਪਵਿਤ ਪੁਨੀਤ ॥ ਜਾਤ ਅਕਾਰਥ ਜਨਮੁ ਪਦਾਰਥ ਕਾਚ ਬਾਦਰੈ ਜੀਤ ॥੩॥ ਜਨਮ ਜਨਮ ਕੇ ਕਿਲਵਿਖ ਦੁਖ ਭਾਗੇ ਗੁਰਿ ਗਿਆਨ ਅੰਜਨੁ ਨੇਤ੍ਰ ਦੀਤ ॥ ਸਾਧਸੰਗਿ ਇਨ ਦੁਖ ਤੇ ਨਿਕਸਿਓ ਨਾਨਕ ਏਕ ਪਰੀਤ ॥੪॥੯॥ {ਪੰਨਾ 673}

ਪਦਅਰਥ:- ਜਿਹ ਕਰਣੀ—ਜਿਸ ਕਰਤੂਤ ਨਾਲ । ਹੋਵਹਿ—ਤੂੰ ਹੋਵੇਂਗਾ । ਰੀਤਿ—ਮਰਯਾਦਾ, ਚਾਲ । ਸਾਕਤ—ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ । ਪੂਜਾ—ਆਦਰ-ਸਤਕਾਰ । ਬਿਪਰੀਤਿ—ਉਲਟੀ ਚਾਲ ।੧।

ਭੂਲੋ—ਕੁਰਾਹੇ ਪਿਆ ਰਿਹਾ । ਅਵਰੈ—(ਪਰਮਾਤਮਾ ਤੋਂ ਬਿਨਾ) ਹੋਰ ਵਿਚ । ਹੀਤ—ਹਿਤ, ਮੋਹ । ਹਰਿਚੰਦਉਰੀ—ਹਰਿ-ਚੰਦ-ਨਗਰੀ, ਆਕਾਸ਼ ਵਿਚ ਖ਼ਿਆਲੀ ਨਗਰੀ, ਹਵਾਈ ਕਿਲ੍ਹਾ । ਬਨ ਹਰ ਪਾਤ—ਜੰਗਲ ਦੇ ਹਰੇ ਪੱਤੇ । ਰੇ—ਹੇ ਭਾਈ! ਬੀਤ—ਵਿਤ, ਪਾਇਆਂ ।੧।ਰਹਾਉ।

ਦੇਹ ਕਉ—ਸਰੀਰ ਨੂੰ । ਗਰਧਭ—ਖੋਤਾ । ਭਸਮ—ਸੁਆਹ, ਮਿੱਟੀ । ਸੰਗੀਤਿ—ਨਾਲ । ਸੰਗਿ—ਨਾਲ । ਰਚੁ—ਪਿਆਰ । ਬਿਖੈ—ਵਿਸ਼ੇ । ਠਗਉਰੀ—ਠਗ-ਮੂਰੀ, ਠਗਬੂਟੀ ।੨।

ਭਲੇ ਸੰਜੋਗੀ—ਭਲੇ ਸੰਜੋਗਾਂ ਨਾਲ (ਮਿਲਦੇ ਹਨ) । ਜੁਗ—ਜਗਤ, ਸੰਸਾਰ । ਪੁਨੀਤ—ਪਵਿਤ੍ਰ । ਜਾਤ ਅਕਾਰਥ—ਵਿਅਰਥ ਜਾ ਰਿਹਾ ਹੈ । ਕਾਚ—ਕੱਚ । ਬਾਦਰੈ—ਬਦਲੇ ਵਿਚ, ਵੱਟੇ ਵਿਚ । ਜੀਤ—ਜਿੱਤਿਆ ਜਾ ਰਿਹਾ ਹੈ ।੩।

ਕਿਲਵਿਖ—ਪਾਪ । ਗੁਰਿ—ਗੁਰੂ ਨੇ । ਅੰਜਨੁ—ਸੁਰਮਾ । ਗਿਆਨ—ਆਤਮਕ ਜੀਵਨ ਦੀ ਸੂਝ । ਨੇਤ੍ਰ—ਅੱਖਾਂ । ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਤੇ—ਤੋਂ, ਵਿਚੋਂ । ਨਿਕਸਿਓ—ਨਿਕਲ ਗਿਆ ।੪।

ਅਰਥ:- ਹੇ ਭਾਈ! ਮਾਇਆ ਦੇ ਮੋਹ (ਵਿਚ ਫਸ ਕੇ) ਤੂੰ ਕੁਰਾਹੇ ਪੈ ਗਿਆ ਹੈਂ, (ਪਰਮਾਤਮਾ ਨੂੰ ਛੱਡ ਕੇ) ਹੋਰ ਵਿਚ ਪਿਆਰ ਪਾ ਰਿਹਾ ਹੈਂ । ਤੇਰੀ ਆਪਣੀ ਪਾਂਇਆਂ ਤਾਂ ਇਤਨੀ ਹੀ ਹੈ ਜਿਤਨੀ ਜੰਗਲ ਦੇ ਹਰੇ ਪੱਤਿਆਂ ਦੀ, ਜਿਤਨੀ ਆਕਾਸ਼ ਵਿਚ ਦਿੱਸ ਰਹੀ ਨਗਰੀ ਦੀ ।੧।ਰਹਾਉ।

ਹੇ ਭਾਈ! ਜਿਨ੍ਹੀਂ ਕੰਮੀਂ ਤੂੰ (ਪਰਮਾਤਮਾ ਦੀ ਦਰਗਾਹ ਵਿਚ) ਸ਼ਰਮਿੰਦਾ ਹੋਵੇਂਗਾ ਉਹਨਾਂ ਹੀ ਕੰਮਾਂ ਦੀ ਚਾਲ ਚੱਲ ਰਿਹਾ ਹੈਂ । ਤੂੰ ਸੰਤ ਜਨਾਂ ਦੀ ਨਿੰਦਾ ਕਰਦਾ ਰਹਿੰਦਾ ਹੈਂ, ਤੇ, ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖਾਂ ਦਾ ਆਦਰ-ਸਤਕਾਰ ਕਰਦਾ ਹੈਂ । ਤੂੰ ਅਸਚਰਜ ਉਲਟੀ ਮਤਿ ਗ੍ਰਹਣ ਕੀਤੀ ਹੋਈ ਹੈ ।੧।

ਹੇ ਭਾਈ! ਖੋਤਾ ਮਿੱਟੀ ਵਿਚ ਹੀ (ਲੇਟਣ ਨਾਲ) ਸੁਖ ਸਮਝਦਾ ਹੈ, ਭਾਵੇਂ ਉਸ ਦੇ ਸਰੀਰ ਉਤੇ ਚੰਦਨ ਦਾ ਲੇਪ ਪਏ ਕਰੀਏ (ਇਹੀ ਹਾਲ ਤੇਰਾ ਹੈ) ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਤੇਰਾ ਪਿਆਰ ਨਹੀਂ ਬਣਦਾ । ਤੂੰ ਵਿਸ਼ਿਆਂ ਦੀ ਠਗਬੂਟੀ ਨਾਲ ਪਿਆਰ ਕਰਦਾ ਹੈਂ ।੨।

ਹੇ ਭਾਈ! ਉੱਚੇ ਜੀਵਨ ਵਾਲੇ ਸੰਤ ਜੇਹੜੇ ਇਸ ਸੰਸਾਰ (ਦੇ ਵਿਕਾਰਾਂ) ਵਿਚ ਭੀ ਪਵਿਤ੍ਰ ਹੀ ਰਹਿੰਦੇ ਹਨ, ਭਲੇ ਸੰਜੋਗਾਂ ਨਾਲ ਹੀ ਮਿਲਦੇ ਹਨ । (ਉਹਨਾਂ ਦੀ ਸੰਗਤਿ ਤੋਂ ਵਾਂਜਿਆਂ ਰਹਿ ਕੇ) ਤੇਰਾ ਕੀਮਤੀ ਮਨੁੱਖਾ ਜਨਮ ਵਿਅਰਥ ਜਾ ਰਿਹਾ ਹੈ, ਕੱਚ ਦੇ ਵੱਟੇ ਵਿਚ ਜਿੱਤਿਆ ਜਾ ਰਿਹਾ ਹੈ ।੩।

ਹੇ ਨਾਨਕ! (ਆਖ—ਹੇ ਭਾਈ!) ਜਿਸ ਮਨੁੱਖ ਦੀਆਂ ਅੱਖਾਂ ਵਿਚ ਗੁਰੂ ਨੇ ਆਤਮਕ ਜੀਵਨ ਦੀ ਸੂਝ ਵਾਲਾ ਸੁਰਮਾ ਪਾ ਦਿੱਤਾ, ਉਸ ਦੇ ਅਨੇਕਾਂ ਜਨਮਾਂ ਦੇ ਕੀਤੇ ਪਾਪ ਦੂਰ ਹੋ ਗਏ । ਸੰਗਤਿ ਵਿਚ ਟਿਕ ਕੇ ਉਹ ਮਨੁੱਖ

ਇਹਨਾਂ ਦੁੱਖਾਂ-ਪਾਪਾਂ ਤੋਂ ਬਚ ਨਿਕਲਿਆ, ਉਸ ਨੇ ਇਕ ਪਰਮਾਤਮਾ ਨਾਲ ਪਿਆਰ ਪਾ ਲਿਆ ।੪।੯।

ਧਨਾਸਰੀ ਮਹਲਾ ੫ ॥ ਪਾਨੀ ਪਖਾ ਪੀਸਉ ਸੰਤ ਆਗੈ ਗੁਣ ਗੋਵਿੰਦ ਜਸੁ ਗਾਈ ॥ ਸਾਸਿ ਸਾਸਿ ਮਨੁ ਨਾਮੁ ਸਮ੍ਾਰੈ ਇਹੁ ਬਿਸ੍ਰਾਮ ਨਿਧਿ ਪਾਈ ॥੧॥ ਤੁਮ੍ ਕਰਹੁ ਦਇਆ ਮੇਰੇ ਸਾਈ ॥ ਐਸੀ ਮਤਿ ਦੀਜੈ ਮੇਰੇ ਠਾਕੁਰ ਸਦਾ ਸਦਾ ਤੁਧੁ ਧਿਆਈ ॥੧॥ ਰਹਾਉ ॥ ਤੁਮ੍ਰੀ ਕ੍ਰਿਪਾ ਤੇ ਮੋਹੁ ਮਾਨੁ ਛੂਟੈ ਬਿਨਸਿ ਜਾਇ ਭਰਮਾਈ ॥ ਅਨਦ ਰੂਪੁ ਰਵਿਓ ਸਭ ਮਧੇ ਜਤ ਕਤ ਪੇਖਉ ਜਾਈ ॥੨॥ ਤੁਮ੍ ਦਇਆਲ ਕਿਰਪਾਲ ਕ੍ਰਿਪਾ ਨਿਧਿ ਪਤਿਤ ਪਾਵਨ ਗੋਸਾਈ ॥ ਕੋਟਿ ਸੂਖ ਆਨੰਦ ਰਾਜ ਪਾਏ ਮੁਖ ਤੇ ਨਿਮਖ ਬੁਲਾਈ ॥੩॥ ਜਾਪ ਤਾਪ ਭਗਤਿ ਸਾ ਪੂਰੀ ਜੋ ਪ੍ਰਭ ਕੈ ਮਨਿ ਭਾਈ ॥ ਨਾਮੁ ਜਪਤ ਤ੍ਰਿਸਨਾ ਸਭ ਬੁਝੀ ਹੈ ਨਾਨਕ ਤ੍ਰਿਪਤਿ ਅਘਾਈ ॥੪॥੧੦॥ {ਪੰਨਾ 673}

ਪਦਅਰਥ:- ਪੀਸਉ—ਪੀਸਉਂ, ਮੈਂ (ਆਟਾ) ਪੀਹਾਂ । ਸੰਤ ਆਗੈ—ਸੰਤਾਂ ਦੀ ਸੇਵਾ ਵਿਚ । ਜਸੁ—ਸਿਫ਼ਤਿ-ਸਾਲਾਹ । ਗਾਈ—ਗਈਂ, ਮੈਂ ਗਾਵਾਂ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਸਮ੍ਾਰੈ—ਯਾਦ ਕਰਦਾ ਰਹੇ । ਬਿਸ੍ਰਾਮ ਨਿਧਿ—ਸੁਖ ਦਾ ਖ਼ਜ਼ਾਨਾ । ਪਾਈ—ਪਾਈਂ, ਮੈਂ ਹਾਸਲ ਕਰ ਲਵਾਂ ।੧।

ਮੇਰੇ ਸਾਈ—ਹੇ ਮੇਰੇ ਸਾਈਂ! ਠਾਕੁਰ—ਹੇ ਮਾਲਕ! ਧਿਆਈ—ਧਿਆਈਂ, ਮੈਂ ਧਿਆਵਾਂ ।੧।ਰਹਾਉ।

ਤੇ—ਤੋਂ, ਨਾਲ । ਛੁਟੈ—ਮੁੱਕ ਜਾਏ । ਭਰਮਾਈ—ਭਟਕਣਾ । ਅਨਦ—ਆਨੰਦ । ਰਵਿਓ—ਵਿਆਪਕ । ਮਧੇ—ਵਿਚ । ਜਤ ਕਤ—ਜਿੱਥੇ ਕਿੱਥੇ । ਪੇਖਉ—ਪੇਖਉਂ, ਮੈਂ ਵੇਖਾਂ । ਜਾਈ—ਜਾਇ, ਜਾ ਕੇ ।੨।

ਨਿਧਿ—ਖ਼ਜ਼ਾਨਾ । ਪਤਿਤ ਪਾਵਨ—ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿਤ੍ਰ ਕਰਨ ਵਾਲਾ । ਗੋਸਾਈ—ਹੇ ਧਰਤੀ ਦੇ ਖਸਮ! ਕੋਟਿ—ਕ੍ਰੋੜਾਂ । ਤੇ—ਤੋਂ, ਨਾਲ । ਮੁਖ ਤੇ—ਮੂੰਹੋਂ । ਨਿਮਖ—ਅੱਖ ਝਮਕਣ ਜਿਤਨੇ ਸਮੇ ਲਈ । ਬੁਲਾਈ—ਬੁਲਾਈਂ, ਮੈਂ (ਤੇਰਾ ਨਾਮ) ਉਚਾਰਾਂ ।੩।

ਸਾ—ਉਹ {ਇਸਤ੍ਰੀ ਲਿੰਗ} । ਕੈ ਮਨਿ—ਦੇ ਮਨ ਵਿਚ । ਭਾਈ—ਪਸੰਦ ਆਉਂਦੀ ਹੈ । ਤ੍ਰਿਪਤਿ ਅਘਾਈ—ਪੂਰਨ ਤੌਰ ਤੇ ਰੱਜ ਜਾਈਦਾ ਹੈ ।੪।

ਅਰਥ:- ਹੇ ਮੇਰੇ ਖਸਮ-ਪ੍ਰਭੂ! (ਮੇਰੇ ਉੱਤੇ) ਦਇਆ ਕਰ । ਹੇ ਮੇਰੇ ਠਾਕੁਰ! ਮੈਨੂੰ ਇਹੋ ਜਿਹੀ ਅਕਲ ਬਖ਼ਸ਼ ਕਿ ਮੈਂ ਸਦਾ ਹੀ ਤੇਰਾ ਨਾਮ ਸਿਮਰਦਾ ਰਹਾਂ ।੧।ਰਹਾਉ।

(ਹੇ ਪ੍ਰਭੂ! ਮੇਹਰ ਕਰ) ਮੈਂ (ਤੇਰੇ) ਸੰਤਾਂ ਦੀ ਸੇਵਾ ਵਿਚ (ਰਹਿ ਕੇ, ਉਹਨਾਂ ਵਾਸਤੇ) ਪਾਣੀ (ਢੋਂਦਾ ਰਹਾਂ, ਉਹਨਾਂ ਨੂੰ) ਪੱਖਾ (ਝੱਲਦਾ ਰਹਾਂ, ਉਹਨਾਂ ਵਾਸਤੇ ਆਟਾ) ਪੀਂਹਦਾ ਰਹਾਂ, ਤੇ, ਹੇ ਗੋਬਿੰਦ! ਤੇਰੀ ਸਿਫ਼ਤਿ-ਸਾਲਾਹ ਤੇਰੇ ਗੁਣ ਗਾਂਦਾ ਰਹਾਂ । ਮੇਰਾ ਮਨ ਹਰੇਕ ਸਾਹ ਦੇ ਨਾਲ (ਤੇਰਾ) ਨਾਮ ਚੇਤੇ ਕਰਦਾ ਰਹੇ, ਮੈਂ ਤੇਰਾ ਇਹ ਨਾਮ ਪ੍ਰਾਪਤ ਕਰ ਲਵਾਂ ਜੋ ਸੁਖ ਸ਼ਾਂਤੀ ਦਾ ਖ਼ਜ਼ਾਨਾ ਹੈ ।੧।

ਹੇ ਪ੍ਰਭੂ! ਤੇਰੀ ਕਿਰਪਾ ਨਾਲ (ਮੇਰਾ ਅੰਦਰੋਂ) ਮਾਇਆ ਦਾ ਮੋਹ ਮੁੱਕ ਜਾਏ, ਅਹੰਕਾਰ ਦੂਰ ਹੋ ਜਾਏ, ਮੇਰੀ ਭਟਕਣਾ ਦਾ ਨਾਸ ਹੋ ਜਾਏ, ਮੈਂ ਜਿੱਥੇ ਕਿੱਥੇ ਜਾ ਕੇ ਵੇਖਾਂ, ਸਭਨਾਂ ਵਿਚ ਮੈਨੂੰ ਤੂੰ ਆਨੰਦ-ਸਰੂਪ ਹੀ ਵੱਸਦਾ ਦਿੱਸੇਂ ।੨।

ਹੇ ਧਰਤੀ ਦੇ ਖਸਮ! ਤੂੰ ਦਇਆਲ ਹੈਂ, ਕਿਰਪਾਲ ਹੈਂ, ਤੂੰ ਦਇਆ ਦਾ ਖ਼ਜ਼ਾਨਾ ਹੈਂ, ਤੂੰ ਵਿਕਾਰੀਆਂ ਨੂੰ ਪਵਿੱਤ੍ਰ ਕਰਨ ਵਾਲਾ ਹੈਂ । ਜਦੋਂ ਮੈਂ ਅੱਖ ਝਮਕਣ ਜਿਤਨੇ ਸਮੇ ਲਈ ਭੀ ਮੂੰਹੋਂ ਤੇਰਾ ਨਾਮ ਉਚਾਰਦਾ ਹਾਂ, ਮੈਨੂੰ ਇਉਂ

ਜਾਪਦਾ ਹੈ ਕਿ ਮੈਂ ਰਾਜ-ਭਾਗ ਦੇ ਕ੍ਰੋੜਾਂ ਸੁਖ ਆਨੰਦ ਮਾਣ ਲਏ ਹਨ ।੩।

ਹੇ ਨਾਨਕ! ਉਹੀ ਜਾਪ ਤਾਪ ਉਹੀ ਭਗਤੀ ਸਿਰੇ ਚੜ੍ਹੀ ਜਾਣੋ, ਜੇਹੜੀ ਪਰਮਾਤਮਾ ਦੇ ਮਨ ਵਿਚ ਪਸੰਦ ਆਉਂਦੀ ਹੈ । ਪਰਮਾਤਮਾ ਦਾ ਨਾਮ ਜਪਿਆਂ ਸਾਰੀ ਤ੍ਰਿਸ਼ਨਾ ਮੁੱਕ ਜਾਂਦੀ ਹੈ, (ਮਾਇਕ ਪਦਾਰਥਾਂ ਵਲੋਂ) ਪੂਰੇ ਤੌਰ ਤੇ ਰੱਜ ਜਾਈਦਾ ਹੈ ।੪।੧੦।

ਧਨਾਸਰੀ ਮਹਲਾ ੫ ॥ ਜਿਨਿ ਕੀਨੇ ਵਸਿ ਅਪੁਨੈ ਤ੍ਰੈ ਗੁਣ ਭਵਣ ਚਤੁਰ ਸੰਸਾਰਾ ॥ ਜਗ ਇਸਨਾਨ ਤਾਪ ਥਾਨ ਖੰਡੇ ਕਿਆ ਇਹੁ ਜੰਤੁ ਵਿਚਾਰਾ ॥੧॥ ਪ੍ਰਭ ਕੀ ਓਟ ਗਹੀ ਤਉ ਛੂਟੋ ॥ ਸਾਧ ਪ੍ਰਸਾਦਿ ਹਰਿ ਹਰਿ ਹਰਿ ਗਾਏ ਬਿਖੈ ਬਿਆਧਿ ਤਬ ਹੂਟੋ ॥੧॥ ਰਹਾਉ ॥ ਨਹ ਸੁਣੀਐ ਨਹ ਮੁਖ ਤੇ ਬਕੀਐ ਨਹ ਮੋਹੈ ਉਹ ਡੀਠੀ ॥ ਐਸੀ ਠਗਉਰੀ ਪਾਇ ਭੁਲਾਵੈ ਮਨਿ ਸਭ ਕੈ ਲਾਗੈ ਮੀਠੀ ॥੨॥ ਮਾਇ ਬਾਪ ਪੂਤ ਹਿਤ ਭ੍ਰਾਤਾ ਉਨਿ ਘਰਿ ਘਰਿ ਮੇਲਿਓ ਦੂਆ ॥ ਕਿਸ ਹੀ ਵਾਧਿ ਘਾਟਿ ਕਿਸ ਹੀ ਪਹਿ ਸਗਲੇ ਲਰਿ ਲਰਿ ਮੂਆ ॥੩॥ ਹਉ ਬਲਿਹਾਰੀ ਸਤਿਗੁਰ ਅਪੁਨੇ ਜਿਨਿ ਇਹੁ ਚਲਤੁ ਦਿਖਾਇਆ ॥ ਗੂਝੀ ਭਾਹਿ ਜਲੈ ਸੰਸਾਰਾ ਭਗਤ ਨ ਬਿਆਪੈ ਮਾਇਆ ॥੪॥ ਸੰਤ ਪ੍ਰਸਾਦਿ ਮਹਾ ਸੁਖੁ ਪਾਇਆ ਸਗਲੇ ਬੰਧਨ ਕਾਟੇ ॥ ਹਰਿ ਹਰਿ ਨਾਮੁ ਨਾਨਕ ਧਨੁ ਪਾਇਆ ਅਪੁਨੈ ਘਰਿ ਲੈ ਆਇਆ ਖਾਟੇ ॥੫॥੧੧॥ {ਪੰਨਾ 673}

ਪਦਅਰਥ:- ਜਿਨਿ—ਜਿਸ (ਮਾਇਆ) ਨੇ । ਅਪੁਨੈ ਵਸਿ—ਆਪਣੇ ਵੱਸ ਵਿਚ । ਤ੍ਰੈਗੁਣ ਭਵਨ—ਮਾਇਆ ਦੇ ਤਿੰਨ ਗੁਣ ਵਾਲੇ ਜਗਤ ਨੂੰ । ਚਤੁਰ ਸੰਸਾਰਾ—ਚਾਰ ਕੂਟ-ਸੰਸਾਰ ਨੂੰ । ਖੰਡੇ—ਤੋੜ ਦਿੱਤੇ, ਜਿੱਤ ਲਏ ਹਨ ।੧।

ਗਹੀ—ਪਕੜੀ । ਓਟ—ਆਸਰਾ । ਤਉ—ਤਦੋਂ । ਛੂਟੋ—ਬਚਿਆ । ਸਾਧ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਬਿਖੈ ਬਿਆਧਿ—ਵਿਸ਼ਿਆਂ ਦਾ ਰੋਗ । ਹੂਟੋ—ਮੁੱਕਿਆ, ਥੱਕਿਆ ।੧।ਰਹਾਉ।

ਸੁਣੀਐ—ਆਵਾਜ਼ ਸੁਣੀ ਜਾਂਦੀ । ਮੁਖ ਤੇ—ਮੂੰਹੋਂ । ਬਕੀਐ—ਬੋਲਦੀ । ਡੀਠੀ—ਦਿੱਸਦੀ । ਉਹ—{ਇਸਤ੍ਰੀ ਲਿੰਗ} ਉਹ ਮਾਇਆ । ਠਗਉਰੀ—ਠਗਮੂਰੀ, ਠਗਬੂਟੀ, ਨਸ਼ੀਲੀ ਚੀਜ਼ । ਭੁਲਾਵੈ—ਕੁਰਾਹੇ ਪਾ ਦੇਂਦੀ ਹੈ । ਕੈ ਮਨਿ—ਦੇ ਮਨ ਵਿਚ ।੨।

ਮਾਇ—ਮਾਂ । ਹਿਤ—ਹਿਤ ਕਰਨ ਵਾਲੇ, ਮਿੱਤਰ । ਉਨਿ—ਉਸ (ਮਾਇਆ) ਨੇ । ਘਰਿ ਘਰਿ—ਹਰੇਕ ਘਰ ਵਿਚ, ਹਰੇਕ ਦੇ ਹਿਰਦੇ-ਘਰ ਵਿਚ । ਦੂਆ—ਦ੍ਵੈਤ, ਵਿਤਕਰਾ । ਵਾਧਿ—ਵੱਧ, ਬਹੁਤੀ । ਘਾਟਿ—ਘੱਟ, ਥੋੜੀ ।੩।

ਹਉ—ਮੈਂ । ਜਿਨਿ—ਜਿਸ (ਗੁਰੂ) ਨੇ । ਚਲਤੁ—ਤਮਾਸ਼ਾ । ਗੂਝੀ—ਲੁਕੀ ਹੋਈ । ਭਾਹਿ—ਅੱਗ । ਨਾ ਬਿਆਪੈ—ਜ਼ੋਰ ਨਹੀਂ ਪਾ ਸਕਦੀ ।੪।

ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਸਗਲੇ—ਸਾਰੇ । ਅਪੁਨੈ ਘਰਿ—ਆਪਣੇ ਹਿਰਦੇ-ਘਰ ਵਿਚ । ਖਾਟੇ—ਖਾਟਿ, ਖੱਟ ਕੇ ।੫।

ਅਰਥ:- ਹੇ ਭਾਈ! ਜਦੋਂ ਮਨੁੱਖ ਨੇ ਪਰਮਾਤਮਾ ਦਾ ਪੱਲਾ ਫੜਿਆ, ਤਦੋਂ ਉਹ (ਮਾਇਆ ਦੇ ਪੰਜੇ ਵਿਚੋਂ) ਬਚ ਗਿਆ । ਜਦੋਂ ਗੁਰੂ ਦੀ ਕਿਰਪਾ ਨਾਲ ਮਨੁੱਖ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣੇ ਸ਼ੁਰੂ ਕੀਤੇ,

ਤਦੋਂ ਵਿਕਾਰਾਂ ਦਾ ਰੋਗ (ਉਸ ਦੇ ਅੰਦਰੋਂ) ਮੁੱਕ ਗਿਆ ।੧।ਰਹਾਉ।

ਹੇ ਭਾਈ! ਜਿਸ (ਮਾਇਆ) ਨੇ ਸਾਰੇ ਤ੍ਰੈ-ਗੁਣੀ ਸੰਸਾਰ ਨੂੰ ਸਾਰੇ ਚਾਰ-ਕੂਟ ਜਗਤ ਨੂੰ ਆਪਣੇ ਵੱਸ ਵਿਚ ਕੀਤਾ ਹੋਇਆ ਹੈ, ਜਿਸ ਨੇ ਜੱਗ ਕਰਨ ਵਾਲੇ, ਇਸ਼ਨਾਨ ਕਰਨ ਵਾਲੇ, ਤਪ ਕਰਨ ਵਾਲੇ ਸਾਰੇ ਥਾਂ ਭੰਨ ਕੇ ਰੱਖ ਦਿੱਤੇ ਹਨ, ਇਸ ਜੀਵ ਵਿਚਾਰੇ ਦੀ ਕੀਹ ਪਾਂਇਆਂ ਹੈ (ਕਿ ਉਸ ਦਾ ਟਾਕਰਾ ਕਰ ਸਕੇ)? ।੧।

ਹੇ ਭਾਈ! ਉਹ ਮਾਇਆ ਜਦੋਂ ਮਨੁੱਖ ਨੂੰ ਆ ਕੇ ਭਰਮਾਂਦੀ ਹੈ, ਤਦੋਂ ਨਾਹ ਉਸ ਦੀ ਆਵਾਜ਼ ਸੁਣੀਦੀ ਹੈ, ਨਾਹ ਉਹ ਮੂੰਹੋਂ ਬੋਲਦੀ ਹੈ, ਨਾਹ ਉਹ ਅੱਖੀਂ ਦਿੱਸਦੀ ਹੈ । ਕੋਈ ਅਜੇਹੀ ਨਸ਼ੀਲੀ ਚੀਜ਼ ਖਵਾ ਕੇ ਮਨੁੱਖ ਨੂੰ ਕੁਰਾਹੇ ਪਾ ਦੇਂਦੀ ਹੈ ਕਿ ਸਭਨਾਂ ਦੇ ਮਨ ਵਿਚ ਉਹ ਪਿਆਰੀ ਪਈ ਲੱਗਦੀ ਹੈ ।੨।

ਹੇ ਭਾਈ! ਮਾਂ, ਪਿਉ, ਪੁੱਤਰ, ਮਿੱਤਰ, ਭਰਾ—ਉਸ ਮਾਇਆ ਨੇ ਹਰੇਕ ਦੇ ਹਿਰਦੇ ਵਿਚ ਵਿਤਕਰਾ ਪਾ ਰੱਖਿਆ ਹੈ । ਕਿਸੇ ਪਾਸ (ਮਾਇਆ) ਬਹੁਤੀ ਹੈ, ਕਿਸੇ ਪਾਸ ਥੋੜੀ ਹੈ (ਬੱਸ, ਇਸੇ ਗੱਲੇ) ਸਾਰੇ (ਆਪੋ ਵਿਚ) ਲੜ ਲੜ ਕੇ ਪਏ ਖਪਦੇ ਹਨ ।੩।

ਹੇ ਭਾਈ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ, ਜਿਸ ਨੇ ਮੈਨੂੰ (ਮਾਇਆ ਦਾ) ਇਹ ਤਮਾਸ਼ਾ (ਅੱਖੀਂ) ਵਿਖਾ ਦਿੱਤਾ ਹੈ । (ਮੈਂ ਵੇਖ ਲਿਆ ਹੈ ਕਿ ਮਾਇਆ ਦੀ ਇਸ) ਲੁਕੀ ਹੋਈ ਅੱਗ ਨਾਲ ਸਾਰਾ ਜਗਤ ਸੜ ਰਿਹਾ ਹੈ । ਪਰਮਾਤਮਾ ਦੀ ਭਗਤੀ ਕਰਨ ਵਾਲੇ ਮਨੁੱਖ ਉੱਤੇ ਮਾਇਆ (ਆਪਣਾ) ਜ਼ੋਰ ਨਹੀਂ ਪਾ ਸਕਦੀ ।੪।

ਹੇ ਨਾਨਕ! ਗੁਰੂ ਦੀ ਕਿਰਪਾ ਨਾਲ (ਜਿਸ ਮਨੁੱਖ ਨੇ) ਪਰਮਾਤਮਾ ਦਾ ਨਾਮ-ਧਨ ਲੱਭ ਲਿਆ ਹੈ, ਤੇ ਇਹ ਧਨ ਖੱਟ-ਕਮਾ ਕੇ ਆਪਣੇ ਹਿਰਦੇ-ਘਰ ਵਿਚ ਲੈ ਆਂਦਾ ਹੈ, ਉਹ ਬੜਾ ਆਤਮਕ ਆਨੰਦ ਮਾਣਦਾ ਹੈ; ਉਸ ਦੇ (ਮਾਇਆ ਵਾਲੇ) ਸਾਰੇ ਬੰਧਨ ਕੱਟੇ ਜਾਂਦੇ ਹਨ ।੫।੧੧।

ਧਨਾਸਰੀ ਮਹਲਾ ੫ ॥ ਤੁਮ ਦਾਤੇ ਠਾਕੁਰ ਪ੍ਰਤਿਪਾਲਕ ਨਾਇਕ ਖਸਮ ਹਮਾਰੇ ॥ ਨਿਮਖ ਨਿਮਖ ਤੁਮ ਹੀ ਪ੍ਰਤਿਪਾਲਹੁ ਹਮ ਬਾਰਿਕ ਤੁਮਰੇ ਧਾਰੇ ॥੧॥ ਜਿਹਵਾ ਏਕ ਕਵਨ ਗੁਨ ਕਹੀਐ ॥ ਬੇਸੁਮਾਰ ਬੇਅੰਤ ਸੁਆਮੀ ਤੇਰੋ ਅੰਤੁ ਨ ਕਿਨ ਹੀ ਲਹੀਐ ॥੧॥ ਰਹਾਉ ॥ ਕੋਟਿ ਪਰਾਧ ਹਮਾਰੇ ਖੰਡਹੁ ਅਨਿਕ ਬਿਧੀ ਸਮਝਾਵਹੁ ॥ ਹਮ ਅਗਿਆਨ ਅਲਪ ਮਤਿ ਥੋਰੀ ਤੁਮ ਆਪਨ ਬਿਰਦੁ ਰਖਾਵਹੁ ॥੨॥ ਤੁਮਰੀ ਸਰਣਿ ਤੁਮਾਰੀ ਆਸਾ ਤੁਮ ਹੀ ਸਜਨ ਸੁਹੇਲੇ ॥ ਰਾਖਹੁ ਰਾਖਨਹਾਰ ਦਇਆਲਾ ਨਾਨਕ ਘਰ ਕੇ ਗੋਲੇ ॥੩॥੧੨॥ {ਪੰਨਾ 674}

ਪਦਅਰਥ:- ਪ੍ਰਤਿਪਾਲਕ—ਪਾਲਣ ਵਾਲੇ । ਨਾਇਕ—ਆਗੂ । ਨਿਮਖ—ਅੱਖ ਝਮਕਣ ਜਿਤਨਾ ਸਮਾ । ਤੁਮਰੇ ਧਾਰੇ—ਤੇਰੇ ਆਸਰੇ ।੧।

ਜਿਹਵਾ—ਜੀਭ । ਕਹੀਐ—ਬਿਆਨ ਕੀਤਾ ਜਾ ਸਕਦਾ ਹੈ । ਤੇਰੋ—ਤੇਰਾ । ਕਿਨ ਹੀ—ਕਿਨਿ ਹੀ, ਕਿਸੇ ਪਾਸੋਂ ਭੀ {ਲਫ਼ਜ਼ 'ਕਿਨਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} । ਲਹੀਐ—ਲੱਭਿਆ ਜਾ ਸਕਦਾ ।੧।ਰਹਾਉ।

ਕੋਟਿ—ਕ੍ਰੋੜਾਂ । ਪਰਾਧ—ਅਪਰਾਧ । ਖੰਡਹੁ—ਨਾਸ ਕਰਦੇ ਹੋ । ਬਿਧਿ—ਤਰੀਕਾ । ਅਗਿਆਨ—ਗਿਆਨ-ਹੀਣ, ਆਤਮਕ ਜੀਵਨ ਦੀ ਸੂਝ ਤੋਂ ਸੱਖਣੇ । ਅਲਪ—ਥੋੜੀ, ਹੋਛੀ । ਬਿਰਦੁ—ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ।੨।

ਤੁਮਾਰੀ—ਤੇਰੀ ਹੀ । ਸੁਹੇਲੇ—ਸੁਖ ਦੇਣ ਵਾਲੇ । ਰਾਖਨਹਾਰ—ਰੱਖਿਆ ਕਰਨ ਦੀ ਸਮਰਥਾ ਵਾਲੇ! ਗੋਲੇ—ਗ਼ੁਲਾਮ ।੩।

ਅਰਥ:- ਹੇ ਅਣਗਿਣਤ ਗੁਣਾਂ ਦੇ ਮਾਲਕ! ਹੇ ਬੇਅੰਤ ਮਾਲਕ-ਪ੍ਰਭੂ! ਕਿਸੇ ਭੀ ਪਾਸੋਂ ਤੇਰੇ ਗੁਣਾਂ ਦਾ ਅੰਤ ਨਹੀਂ ਲੱਭਿਆ ਜਾ ਸਕਿਆ । (ਮਨੁੱਖ ਦੀ) ਇਕ ਜੀਭ ਨਾਲ ਤੇਰਾ ਕੇਹੜਾ ਕੇਹੜਾ ਗੁਣ ਦੱਸਿਆ ਜਾਏ? ।੧।ਰਹਾਉ।

ਹੇ ਪ੍ਰਭੂ! ਤੂੰ ਸਭ ਦਾਤਾਂ ਦੇਣ ਵਾਲਾ ਹੈਂ, ਤੂੰ ਮਾਲਕ ਹੈਂ, ਤੂੰ ਸਭਨਾਂ ਨੂੰ ਪਾਲਣ ਵਾਲਾ ਹੈਂ, ਤੂੰ ਸਾਡਾ ਆਗੂ ਹੈਂ (ਜੀਵਨ-ਅਗਵਾਈ ਦੇਣ ਵਾਲਾ ਹੈਂ), ਤੂੰ ਸਾਡਾ ਖਸਮ ਹੈਂ । ਹੇ ਪ੍ਰਭੂ! ਤੂੰ ਹੀ ਇਕ ਇਕ ਛਿਨ ਸਾਡੀ ਪਾਲਣਾ ਕਰਦਾ ਹੈਂ, ਅਸੀ (ਤੇਰੇ) ਬੱਚੇ ਤੇਰੇ ਆਸਰੇ (ਜੀਊਂਦੇ) ਹਾਂ ।੧।

ਹੇ ਪ੍ਰਭੂ! ਤੂੰ ਸਾਡੇ ਕ੍ਰੋੜਾਂ ਅਪਰਾਧ ਨਾਸ ਕਰਦਾ ਹੈਂ, ਤੂੰ ਸਾਨੂੰ ਅਨੇਕਾਂ ਤਰੀਕਿਆਂ ਨਾਲ (ਜੀਵਨ-ਜੁਗਤਿ) ਸਮਝਾਂਦਾ ਹੈਂ । ਅਸੀ ਜੀਵ ਆਤਮਕ ਜੀਵਨ ਦੀ ਸੂਝ ਤੋਂ ਸੱਖਣੇ ਹਾਂ, ਸਾਡੀ ਅਕਲ ਥੋੜੀ ਹੈ ਹੋਛੀ ਹੈ । (ਫਿਰ ਭੀ) ਤੂੰ ਆਪਣਾ ਮੁੱਢ-ਕਦੀਮਾਂ ਦਾ ਪਿਆਰ ਵਾਲਾ ਸੁਭਾਉ ਕਾਇਮ ਰੱਖਦਾ ਹੈਂ ।੨।

ਹੇ ਨਾਨਕ! (ਆਖ—) ਹੇ ਪ੍ਰਭੂ! ਅਸੀ ਤੇਰੇ ਹੀ ਆਸਰੇ-ਪਰਨੇ ਹਾਂ, ਸਾਨੂੰ ਤੇਰੀ ਹੀ (ਸਹਾਇਤਾ ਦੀ) ਆਸ ਹੈ, ਤੂੰ ਹੀ ਸਾਡਾ ਸੱਜਣ ਹੈਂ, ਤੂੰ ਹੀ ਸਾਨੂੰ ਸੁਖ ਦੇਣ ਵਾਲਾ ਹੈਂ । ਹੇ ਦਇਆਵਾਨ! ਹੇ ਸਭ ਦੀ ਰੱਖਿਆ ਕਰਨ-ਜੋਗੇ! ਸਾਡੀ ਰੱਖਿਆ ਕਰ, ਅਸੀ ਤੇਰੇ ਘਰ ਦੇ ਗ਼ੁਲਾਮ ਹਾਂ ।੩।੧੨।

ਧਨਾਸਰੀ ਮਹਲਾ ੫ ॥ ਪੂਜਾ ਵਰਤ ਤਿਲਕ ਇਸਨਾਨਾ ਪੁੰਨ ਦਾਨ ਬਹੁ ਦੈਨ ॥ ਕਹੂੰ ਨ ਭੀਜੈ ਸੰਜਮ ਸੁਆਮੀ ਬੋਲਹਿ ਮੀਠੇ ਬੈਨ ॥੧॥ ਪ੍ਰਭ ਜੀ ਕੋ ਨਾਮੁ ਜਪਤ ਮਨ ਚੈਨ ॥ ਬਹੁ ਪ੍ਰਕਾਰ ਖੋਜਹਿ ਸਭਿ ਤਾ ਕਉ ਬਿਖਮੁ ਨ ਜਾਈ ਲੈਨ ॥੧॥ ਰਹਾਉ ॥ ਜਾਪ ਤਾਪ ਭ੍ਰਮਨ ਬਸੁਧਾ ਕਰਿ ਉਰਧ ਤਾਪ ਲੈ ਗੈਨ ॥ ਇਹ ਬਿਧਿ ਨਹ ਪਤੀਆਨੋ ਠਾਕੁਰ ਜੋਗ ਜੁਗਤਿ ਕਰਿ ਜੈਨ ॥੨॥ ਅੰਮ੍ਰਿਤ ਨਾਮੁ ਨਿਰਮੋਲਕੁ ਹਰਿ ਜਸੁ ਤਿਨਿ ਪਾਇਓ ਜਿਸੁ ਕਿਰਪੈਨ ॥ ਸਾਧਸੰਗਿ ਰੰਗਿ ਪ੍ਰਭ ਭੇਟੇ ਨਾਨਕ ਸੁਖਿ ਜਨ ਰੈਨ ॥੩॥੧੩॥ {ਪੰਨਾ 674}

ਪਦਅਰਥ:- ਦੈਨ—ਦੇਣੇ । ਕਹੂੰ—ਕਿਸੇ ਨਾਲ ਭੀ । ਭੀਜੈ—ਭਿੱਜਦਾ, ਖ਼ੁਸ਼ ਹੁੰਦਾ । ਕਹੂੰ ਸੰਜਮ—ਕਿਸੇ ਭੀ ਜੁਗਤਿ ਨਾਲ । ਬੋਲਹਿ—ਬੋਲਦੇ ਹਨ । ਬੈਨ—ਬਚਨ ।੧।

ਕੋ—ਦਾ । ਮਨ ਚੈਨ—ਮਨ ਦੀ ਸ਼ਾਂਤੀ । ਬਹੁ ਪ੍ਰਕਾਰ—ਕਈ ਤਰੀਕਿਆਂ ਨਾਲ । ਸਭਿ—ਸਾਰੇ ਜੀਵ । ਤਾ ਕਉ—ਉਸ (ਪਰਮਾਤਮਾ) ਨੂੰ । ਬਿਖਮੁ—ਮੁਸ਼ਕਿਲ । ਲੈਨ ਨ ਜਾਈ—ਲੱਭਦਾ ਨਹੀਂ ।੧।ਰਹਾਉ।

ਬਸੁਧਾ—ਧਰਤੀ । ਭ੍ਰਮਨ ਬਸੁਧਾ ਕਰਿ—ਸਾਰੀ ਧਰਤੀ ਉਤੇ ਚੱਕਰ ਲਾ ਕੇ । ਉਰਧ ਤਾਪ—ਉਲਟੇ ਹੋ ਕੇ ਤਪ ਕਰਨੇ । ਗੈਨ—ਆਕਾਸ਼, ਗਗਨ, ਦਸਮ ਦੁਆਰ । ਲੈ ਗੈਨ—ਦਸਮ ਦੁਆਰ ਵਿਚ ਪ੍ਰਾਣ ਚਾੜ੍ਹ ਕੇ । ਪਤੀਆਨੋ—ਪਤੀਜਦਾ । ਜੈਨ ਜੁਗਿਤ ਕਰਿ—ਜੈਨੀਆਂ ਵਾਲੀ ਜੁਗਤੀ ਕਰ ਕੇ ।੨।

ਨਿਰਮੋਲਕੁ—ਜਿਸ ਦਾ ਕੋਈ ਮੁੱਲ ਨਾਹ ਪਾਇਆ ਜਾ ਸਕੇ । ਤਿਨਿ—ਉਸ (ਮਨੁੱਖ) ਨੇ । ਜਿਸੁ ਕਿਰਪੈਨ—ਜਿਸ ਜਿਸ ਉਤੇ ਕਿਰਪਾ ਹੁੰਦੀ ਹੈ । ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਰੰਗਿ—ਪ੍ਰੇਮ-ਰੰਗ ਵਿਚ । ਭੇਟੇ—ਮਿਲਦੇ ਹਨ । ਸੁਖਿ—ਸੁਖ-ਆਨੰਦ ਵਿਚ । ਜਨ ਰੈਨ—ਉਸ ਮਨੁੱਖ ਦੀ (ਉਮਰ ਦੀ) ਰਾਤ (ਗੁਜ਼ਰਦੀ

ਹੈ) ।੩।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਜਪਿਆਂ (ਹੀ) ਮਨ ਨੂੰ ਸ਼ਾਂਤੀ (ਪ੍ਰਾਪਤ ਹੁੰਦੀ ਹੈ)! ਸਾਰੇ ਲੋਕ ਕਈ ਤਰੀਕਿਆਂ ਨਾਲ ਉਸ ਪਰਮਾਤਮਾ ਨੂੰ ਲੱਭਦੇ ਹਨ, (ਪਰ ਸਿਮਰਨ ਤੋਂ ਬਿਨਾ ਉਸ ਨੂੰ ਲੱਭਣਾ) ਔਖਾ ਹੈ, ਨਹੀਂ ਲੱਭ ਸਕੀਦਾ ।੧।ਰਹਉ।

ਹੇ ਭਾਈ! ਲੋਕ ਦੇਵ-ਪੂਜਾ ਕਰਦੇ ਹਨ, ਵਰਤ ਰੱਖਦੇ ਹਨ, ਮੱਥੇ ਉਤੇ ਤਿਲਕ ਲਾਂਦੇ ਹਨ, ਤੀਰਥਾਂ ਉਤੇ ਇਸ਼ਨਾਨ ਕਰਦੇ ਹਨ, (ਗਰੀਬਾਂ ਨੂੰ) ਬੜੇ ਦਾਨ-ਪੁੰਨ ਕਰਦੇ ਹਨ, ਮਿੱਠੇ ਬੋਲ ਬੋਲਦੇ ਹਨ, ਪਰ ਅਜੇਹੀ ਕਿਸੇ ਭੀ ਜੁਗਤਿ ਨਾਲ ਮਾਲਕ-ਪ੍ਰਭੂ ਖ਼ੁਸ਼ ਨਹੀਂ ਹੁੰਦਾ ।੧।

ਹੇ ਭਾਈ! ਜਪ ਤਪ ਕਰ ਕੇ, ਸਾਰੀ ਧਰਤੀ ਉਤੇ ਚੱਕਰ ਲਾ ਕੇ, ਸਿਰ-ਭਾਰ ਤਪ ਕਰ ਕੇ, ਪ੍ਰਾਣ ਦਸਮ ਦੁਆਰ ਵਿਚ ਚਾੜ੍ਹ ਕੇ, ਜੋਗ-ਮਤ ਦੀਆਂ ਜੁਗਤੀਆਂ ਕਰ ਕੇ, ਜੈਨ-ਮਤ ਦੀਆਂ ਜੁਗਤੀਆਂ ਕਰ ਕੇ—ਇਹਨਾਂ ਤਰੀਕਿਆਂ ਨਾਲ ਭੀ ਮਾਲਕ-ਪ੍ਰਭੂ ਨਹੀਂ ਪਤੀਜਦਾ ।੨।

ਹੇ ਭਾਈ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਇਕ ਐਸਾ ਪਦਾਰਥ ਹੈ ਜਿਸ ਦਾ ਕੋਈ ਮੁੱਲ ਨਹੀਂ ਪੈ ਸਕਦਾ—ਇਹ ਦਾਤਿ ਉਸ ਮਨੁੱਖ ਨੇ ਹਾਸਲ ਕੀਤੀ ਹੈ ਜਿਸ ਉੱਤੇ ਪਰਮਾਤਮਾ ਦੀ ਕਿਰਪਾ ਹੋਈ ਹੈ । ਹੇ ਨਾਨਕ! (ਆਖ—ਹੇ ਭਾਈ!) ਗੁਰੂ ਦੀ ਸੰਗਤਿ ਦੀ ਰਾਹੀਂ ਪ੍ਰੇਮ-ਰੰਗ ਵਿਚ ਜੁੜ ਕੇ ਜਿਸ ਮਨੁੱਖ ਨੂੰ ਪ੍ਰਭੂ ਜੀ ਮਿਲੇ ਹਨ, ਉਸ ਮਨੁੱਖ ਦੀ ਜੀਵਨ-ਰਾਤ ਸੁਖ-ਆਨੰਦ ਵਿਚ ਬੀਤਦੀ ਹੈ ।੩।੧੩।

ਨੋਟ:- ਇਥੋਂ ਤਕ ਧਨਾਸਰੀ ਰਾਗ ਵਿਚ 'ਮਹਲਾ ੫' ਦੇ ੧੩ ਸ਼ਬਦ ਆ ਚੁਕੇ ਹਨ । ਇਸ ਤੋਂ ਅਗਲੇ ਸ਼ਬਦ ਦਾ ਜੋੜ-ਅੰਕ ੧੪ ਹੈ । ਇਸ ਦਾ ਭਾਵ ਇਹ ਹੈ ਕਿ ਅੰਕ ੧੩ ਤੋਂ ਅਗਾਂਹ ਨਵਾਂ ਸ਼ਬਦ ਸ਼ੁਰੂ ਹੋਇਆ ਹੈ । ਸਿਰਲੇਖ 'ਧਨਾਸਰੀ ਮਹਲਾ ੫' ਨਾ ਲਿਖਣ ਨਾਲ ਭੀ ਕੋਈ ਭਲੇਖੇ ਵਾਲੀ ਗੱਲ ਨਹੀਂ ਹੈ ।

ਧਨਾਸਰੀ ਮਹਲਾ ੫ ॥ ਬੰਧਨ ਤੇ ਛੁਟਕਾਵੈ ਪ੍ਰਭੂ ਮਿਲਾਵੈ ਹਰਿ ਹਰਿ ਨਾਮੁ ਸੁਨਾਵੈ ॥ ਅਸਥਿਰੁ ਕਰੇ ਨਿਹਚਲੁ ਇਹੁ ਮਨੂਆ ਬਹੁਰਿ ਨ ਕਤਹੂ ਧਾਵੈ ॥੧॥ ਹੈ ਕੋਊ ਐਸੋ ਹਮਰਾ ਮੀਤੁ ॥ ਸਗਲ ਸਮਗ੍ਰੀ ਜੀਉ ਹੀਉ ਦੇਉ ਅਰਪਉ ਅਪਨੋ ਚੀਤੁ ॥੧॥ ਰਹਾਉ ॥ ਪਰ ਧਨ ਪਰ ਤਨ ਪਰ ਕੀ ਨਿੰਦਾ ਇਨ ਸਿਉ ਪ੍ਰੀਤਿ ਨ ਲਾਗੈ ॥ ਸੰਤਹ ਸੰਗੁ ਸੰਤ ਸੰਭਾਖਨੁ ਹਰਿ ਕੀਰਤਨਿ ਮਨੁ ਜਾਗੈ ॥੨॥ ਗੁਣ ਨਿਧਾਨ ਦਇਆਲ ਪੁਰਖ ਪ੍ਰਭ ਸਰਬ ਸੂਖ ਦਇਆਲਾ ॥ ਮਾਗੈ ਦਾਨੁ ਨਾਮੁ ਤੇਰੋ ਨਾਨਕੁ ਜਿਉ ਮਾਤਾ ਬਾਲ ਗੁਪਾਲਾ ॥੩॥੧੪॥ {ਪੰਨਾ 674}

ਪਦਅਰਥ:- ਤੇ—ਤੋਂ । ਛੁਟਕਾਵੈ—ਛੁਡਾ ਦੇਵੇ । ਅਸਥਿਰੁ—ਅਡੋਲ । ਨਿਹਚਲੁ—ਚੰਚਲਤਾ-ਹੀਨ । ਬਹੁਰਿ—ਮੁੜ । ਕਤ ਹੂ—ਕਿਤੇ ਭੀ । ਧਾਵੈ—ਦੌੜੇ ।੧।

ਸਮਗ੍ਰੀ—ਮਾਲ-ਅਸਬਾਬ । ਜੀਉ—ਨਿੰਦ । ਹੀਉ—ਹਿਰਦਾ । ਦੇਉ—ਦੇਉਂ, ਮੈਂ ਦੇ ਦਿਆਂ । ਅਰਪਉ—ਅਰਪਉਂ ।੧।ਰਹਾਉ।

ਪਰ ਤਨ—ਪਰਾਇਆ ਸਰੀਰ, ਪਰਾਈ ਇਸਤ੍ਰੀ । ਸੰਭਾਖਨੁ—ਬਚਨ-ਬਿਲਾਸ, ਗੋਸ਼ਟਿ । ਕੀਰਤਨਿ—ਕੀਰਤਨ ਵਿਚ ।੨।

ਗੁਣ ਨਿਧਾਨ—ਹੇ ਗੁਣਾਂ ਦੇ ਖ਼ਜ਼ਾਨੇ! ਪੁਰਖ—ਹੇ ਸਰਬ-ਵਿਆਪਕ! ਨਾਨਕੁ ਮਾਗੈ—ਨਾਨਕ ਮੰਗਦਾ ਹੈ {ਲਫ਼ਜ਼ 'ਨਾਨਕ' ਅਤੇ 'ਨਾਨਕੁ' ਦਾ ਫ਼ਰਕ ਚੇਤੇ ਰੱਖਣਾ} । ਗੁਪਾਲਾ—ਹੇ ਗੋਪਾਲ! ।੩।

ਅਰਥ:- ਜੇ ਕੋਈ ਮੈਨੂੰ ਇਹੋ ਜਿਹਾ ਮੇਰਾ ਮਿੱਤਰ ਮਿਲ ਜਾਏ (ਜੇਹੜਾ ਮੈਨੂੰ ਮਾਇਆ ਦੇ ਬੰਧਨਾਂ ਤੋਂ ਛੁਡਾ ਲਏ) ਮੈਂ ਉਸ ਨੂੰ ਆਪਣਾ ਸਾਰਾ ਧਨ-ਪਦਾਰਥ, ਆਪਣੀ ਜਿੰਦ, ਆਪਣਾ ਹਿਰਦਾ ਦੇ ਦਿਆਂ । ਮੈਂ ਆਪਣਾ ਚਿੱਤ ਉਸ ਦੇ ਹਵਾਲੇ ਕਰ ਦਿਆਂ ।੧।ਰਹਾਉ।

ਜੇਹੜਾ ਮਿੱਤਰ ਮੈਨੂੰ ਮਾਇਆ ਦੇ ਬੰਧਨਾਂ ਤੋਂ ਛੁਡਾ ਲਏ, ਮੈਨੂੰ ਪਰਮਾਤਮਾ ਮਿਲਾ ਦੇਵੇ, ਮੈਨੂੰ ਪਰਮਾਤਮਾ ਦਾ ਨਾਮ ਸਦਾ ਸੁਣਾਇਆ ਕਰੇ, ਮੇਰੇ ਇਸ ਮਨ ਨੂੰ ਡੋਲਣ ਤੋਂ ਚੰਚਲਤਾ ਤੋਂ ਹਟਾ ਲਏ, ਤਾ ਕਿ ਇਹ ਫਿਰ ਕਿਸੇ ਭੀ ਪਾਸੇ ਭਟਕਿਆ ਨਾਹ ਕਰੇ (ਮੈਂ ਆਪਣੇ ਸਭ ਕੁਝ ਉਸ ਦੇ ਹਵਾਲੇ ਕਰ ਦਿਆਂ) ।੧।

(ਕੋਈ ਐਸਾ ਮਿੱਤਰ ਮਿਲ ਪਏ ਜਿਸ ਦੀ ਕਿਰਪਾ ਨਾਲ) ਪਰਾਇਆ ਧਨ, ਪਰਾਈ ਇਸਤ੍ਰੀ, ਪਰਾਈ ਨਿੰਦਾ—ਇਹਨਾਂ ਨਾਲ ਮੇਰਾ ਪਿਆਰ ਨਾਹ ਬਣੇ । ਮੈਂ ਸੰਤਾਂ ਦਾ ਸੰਗ ਕਰਿਆ ਕਰਾਂ, ਮੇਰਾ ਸੰਤਾਂ ਨਾਲ ਹੀ ਬਚਨ-ਬਿਲਾਸ ਰਹੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਮੇਰਾ ਮਨ ਹਰ ਵੇਲੇ ਸੁਚੇਤ ਰਿਹਾ ਕਰੇ ।੨।

ਹੇ ਗੁਣਾਂ ਦੇ ਖ਼ਜ਼ਾਨੇ! ਹੇ ਦਇਆ ਦੇ ਘਰ! ਹੇ ਸਰਬ-ਵਿਆਪਕ! ਹੇ ਪ੍ਰਭੂ! ਹੇ ਸਾਰੇ ਸੁਖਾਂ ਦੀ ਬਖ਼ਸ਼ਸ਼ ਕਰਨ ਵਾਲੇ! ਹੇ ਗੋਪਾਲ! ਜਿਵੇਂ ਬੱਚੇ ਆਪਣੀ ਮਾਂ ਪਾਸੋਂ (ਖਾਣ ਪੀਣ ਲਈ ਮੰਗਦੇ ਹਨ) ਮੈਂ ਤੇਰਾ ਦਾਸ ਨਾਨਕ ਤੇਰੇ ਪਾਸੋਂ ਤੇਰੇ ਨਾਮ ਦਾ ਦਾਨ ਮੰਗਦਾ ਹਾਂ ।੩।੧੪।

ਧਨਾਸਰੀ ਮਹਲਾ ੫ ॥ ਹਰਿ ਹਰਿ ਲੀਨੇ ਸੰਤ ਉਬਾਰਿ ॥ ਹਰਿ ਕੇ ਦਾਸ ਕੀ ਚਿਤਵੈ ਬੁਰਿਆਈ ਤਿਸ ਹੀ ਕਉ ਫਿਰਿ ਮਾਰਿ ॥੧॥ ਰਹਾਉ ॥ ਜਨ ਕਾ ਆਪਿ ਸਹਾਈ ਹੋਆ ਨਿੰਦਕ ਭਾਗੇ ਹਾਰਿ ॥ ਭ੍ਰਮਤ ਭ੍ਰਮਤ ਊਹਾਂ ਹੀ ਮੂਏ ਬਾਹੁੜਿ ਗ੍ਰਿਹਿ ਨ ਮੰਝਾਰਿ ॥੧॥ ਨਾਨਕ ਸਰਣਿ ਪਰਿਓ ਦੁਖ ਭੰਜਨ ਗੁਨ ਗਾਵੈ ਸਦਾ ਅਪਾਰਿ ॥ ਨਿੰਦਕ ਕਾ ਮੁਖੁ ਕਾਲਾ ਹੋਆ ਦੀਨ ਦੁਨੀਆ ਕੈ ਦਰਬਾਰਿ ॥੨॥੧੫॥ {ਪੰਨਾ 674}

ਪਦਅਰਥ:- ਲੀਨੇ ਉਬਾਰਿ—(ਸਦਾ ਹੀ) ਬਚਾ ਲਏ ਹਨ, ਬਚਾਂਦਾ ਆ ਰਿਹਾ ਹੈ । ਚਿਤਵੈ—ਸੋਚਦਾ ਹੈ । ਬੁਰਿਆਈ—ਹਾਨੀ, ਨੁਕਸਾਨ । ਤਿਸ ਹੀ ਕਉ—ਉਸੇ ਨੂੰ ਹੀ । ਮਾਰਿ—ਮਾਰੇ, ਮਾਰ ਦੇਂਦਾ ਹੈ । ਆਤਮਕ ਮੌਤੇ ਮਾਰ ਦੇਂਦਾ ਹੈ ।੧।ਰਹਾਉ।

ਸਹਾਈ—ਮਦਦਗਾਰ । ਹਾਰਿ—ਹਾਰ ਖਾ ਕੇ, ਅਸਫਲ ਹੋ ਕੇ । ਭ੍ਰਮਤ ਭ੍ਰਮਤ—(ਨਿੰਦਿਆ ਦੇ ਕੰਮ ਵਿਚ) ਭਟਕਦੇ ਭਟਕਦੇ । ਊਹਾਂ ਹੀ—ਉਸ ਨਿੰਦਿਆ ਦੇ ਗੇੜ ਵਿਚ ਹੀ । ਮੂਏ—ਆਤਮਕ ਮੌਤੇ ਮਰ ਗਏ । ਬਾਹੁੜਿ—ਮੁੜ । ਗ੍ਰਿਹਿਨ ਮੰਝਾਰਿ—ਘਰਾਂ ਵਿਚ ਹੀ, ਅਨੇਕਾਂ ਜੂਨਾਂ ਵਿਚ {ਨੋਟ:- ਪਾਠ "ਗ੍ਰਿਹਿ ਨ ਮੰਝਾਰਿ" ਗ਼ਲਤ ਹੈ । ਜੇ ਸੰਬੰਧਕ "ਮੰਝਾਰਿ" ਦਾ ਸੰਬੰਧ ਲਫ਼ਜ਼ 'ਗ੍ਰਿਹਿ' ਨਾਲ ਹੁੰਦਾ, ਤਾਂ ਇਹ ਲਫ਼ਜ਼ 'ਗ੍ਰਿਹ' ਹੁੰਦਾ । ਲਫ਼ਜ਼ 'ਗ੍ਰਿਹਿ' ਦਾ ਆਪਣਾ ਹੀ ਅਰਥ ਹੈ 'ਘਰ ਵਿਚ' । ਇਸ ਨੂੰ ਹੋਰ ਸੰਬੰਧਕ ਦੀ ਲੋੜ ਨਹੀਂ ਰਹੀ । ਸੋ, ਅਸਲ ਪਾਠ ਹੈ "ਗ੍ਰਿਹਿਨ ਮੰਝਾਰਿ" । ਲਫ਼ਜ਼ 'ਗ੍ਰਿਹਿਨ' ਲਫ਼ਜ਼ 'ਗ੍ਰਿਹ' ਤੋਂ ਬਹੁ-ਵਚਨ ਬਣਾਇਆ ਗਿਆ ਹੈ} ।੧।

ਦੁਖ ਭੰਜਨ ਸਰਣਿ—ਦੁੱਖਾਂ ਦੇ ਨਾਸ ਕਰਨ ਵਾਲੇ ਦੀ ਸਰਨ ਵਿਚ । ਅਪਾਰਿ—ਅਪਾਰ ਪ੍ਰਭੂ ਵਿਚ ਲੀਨ ਹੋ ਕੇ । ਕੈ ਦਰਬਾਰਿ—ਦੇ ਦਰਬਾਰ ਵਿਚ ।੨।

ਅਰਥ:- ਹੇ ਭਾਈ! ਪਰਮਾਤਮਾ ਆਪਣੇ ਸੰਤਾਂ ਨੂੰ ਸਦਾ ਹੀ ਬਚਾਂਦਾ ਆ ਰਿਹਾ ਹੈ । ਜੇ ਕੋਈ ਮਨੁੱਖ ਪਰਮਾਤਮਾ ਦੇ ਸੇਵਕ ਦੀ ਕੋਈ ਹਾਨੀ ਕਰਨ ਦੀਆਂ ਸੋਚਾਂ ਸੋਚਦਾ ਹੈ, ਤਾਂ ਪਰਮਾਤਮਾ ਉਸੇ ਨੂੰ ਹੀ ਆਤਮਕ ਮੌਤੇ ਮਾਰ ਦੇਂਦਾ ਹੈ ।੧।ਰਹਾਉ।

ਹੇ ਭਾਈ! ਪਰਮਾਤਮਾ ਆਪਣੇ ਸੇਵਕ ਦਾ ਆਪ ਮਦਦਗਾਰ ਬਣਦਾ ਹੈ, ਉਸ ਦੇ ਨਿੰਦਕ (ਨਿੰਦਾ ਦੇ ਕੰਮ ਵਿਚ) ਹਾਰ ਖਾ ਕੇ ਭੱਜ ਜਾਂਦੇ ਹਨ । ਨਿੰਦਕ ਮਨੁੱਖ ਨਿੰਦਾ ਦੇ ਕੰਮ ਵਿਚ ਭਟਕ ਕੇ ਨਿੰਦਾ ਦੇ ਗੇੜ ਵਿਚ ਹੀ ਆਤਮਕ ਮੌਤ ਸਹੇੜ ਲੈਂਦੇ ਹਨ, ਤੇ ਫਿਰ ਅਨੇਕਾਂ ਜੂਨਾਂ ਵਿਚ ਜਾ ਪੈਂਦੇ ਹਨ ।੧।

ਹੇ ਨਾਨਕ! (ਆਖ—ਹੇ ਭਾਈ! ਜੇਹੜਾ ਮਨੁੱਖ) ਦੁੱਖਾਂ ਦੇ ਨਾਸ ਕਰਨ ਵਾਲੇ ਪਰਮਾਤਮਾ ਦੀ ਸਰਨ ਆ ਪੈਂਦਾ ਹੈ, ਉਹ ਉਸ ਬੇਅੰਤ ਪ੍ਰਭੂ ਵਿਚ ਲੀਨ ਹੋ ਕੇ ਸਦਾ ਉਸ ਦੇ ਗੁਣ ਗਾਂਦਾ ਰਹਿੰਦਾ ਹੈ । ਪਰ ਉਸ ਦੀ ਨਿੰਦਾ ਕਰਨ ਵਾਲੇ ਮਨੁੱਖ ਦਾ ਮੂੰਹ ਦੁਨੀਆ ਦੇ ਦਰਬਾਰ ਵਿਚ ਅਤੇ ਦੀਨ ਦੇ ਦਰਬਾਰ ਵਿਚ (ਲੋਕ ਪਰਲੋਕ ਵਿਚ) ਕਾਲਾ ਹੁੰਦਾ ਹੈ (ਨਿੰਦਕ ਲੋਕ ਪਰਲੋਕ ਵਿਚ ਬਦਨਾਮੀ ਖੱਟਦਾ ਹੈ) ।੨।੧੫।

ਧਨਾਸਿਰੀ ਮਹਲਾ ੫ ॥ ਅਬ ਹਰਿ ਰਾਖਨਹਾਰੁ ਚਿਤਾਰਿਆ ॥ ਪਤਿਤ ਪੁਨੀਤ ਕੀਏ ਖਿਨ ਭੀਤਰਿ ਸਗਲਾ ਰੋਗੁ ਬਿਦਾਰਿਆ ॥੧॥ ਰਹਾਉ ॥ ਗੋਸਟਿ ਭਈ ਸਾਧ ਕੈ ਸੰਗਮਿ ਕਾਮ ਕ੍ਰੋਧੁ ਲੋਭੁ ਮਾਰਿਆ ॥ ਸਿਮਰਿ ਸਿਮਰਿ ਪੂਰਨ ਨਾਰਾਇਨ ਸੰਗੀ ਸਗਲੇ ਤਾਰਿਆ ॥੧॥ ਅਉਖਧ ਮੰਤ੍ਰ ਮੂਲ ਮਨ ਏਕੈ ਮਨਿ ਬਿਸ੍ਵਾਸੁ ਪ੍ਰਭ ਧਾਰਿਆ ॥ ਚਰਨ ਰੇਨ ਬਾਂਛੈ ਨਿਤ ਨਾਨਕੁ ਪੁਨਹ ਪੁਨਹ ਬਲਿਹਾਰਿਆ ॥੨॥੧੬॥ {ਪੰਨਾ 674-675}

ਪਦਅਰਥ:- ਅਬ—ਹੁਣ, ਇਸ ਮਨੁੱਖਾ ਜਨਮ ਵਿਚ । ਚਿਤਾਰਿਆ—ਚੇਤੇ ਕਰਨਾ ਸ਼ੁਰੂ ਕੀਤਾ । ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਪੁਨੀਤ—ਪਵਿਤ੍ਰ । ਖਿਨ ਭੀਤਰਿ—ਇਕ ਛਿਨ ਵਿਚ । ਬਿਦਾਰਿਆ—ਨਾਸ ਕਰ ਦਿੱਤਾ ।੧।ਰਹਾਉ।

ਗੋਸਟਿ—ਮਿਲਾਪ । ਸਾਧ—ਗੁਰੂ । ਸੰਗਮਿ—ਸੰਗਤਿ ਵਿਚ । ਸਿਮਰਿ—ਸਿਮਰ ਕੇ । ਸੰਗੀ—ਸਾਥੀ ।੧।

ਅਉਖਧ ਮੂਲ—ਸਭ ਦਵਾਈਆਂ ਦਾ ਮੂਲ । ਮੰਤ੍ਰ ਮੂਲ—ਸਭ ਮੰਤ੍ਰਾਂ ਦਾ ਮੂਲ । ਮਨ—ਹੇ ਮਨ! ਏਕੈ—ਇਕ ਪਰਮਾਤਮਾ ਦਾ (ਨਾਮ ਹੀ) । ਮਨਿ—ਮਨ ਵਿਚ । ਬਿਸ੍ਵਾਸੁ—ਸਰਧਾ, ਨਿਸ਼ਚਾ । ਰੇਨ—ਧੂੜ । ਬਾਂਛੈ—ਲੋਚਦਾ ਹੈ । ਨਾਨਕੁ ਬਾਂਛੈ—ਨਾਨਕ ਮੰਗਦਾ ਹੈ । ਪੁਨਹੁ ਪੁਨਹੁ—ਮੁੜ ਮੁੜ, ਫਿਰ ਫਿਰ ।੨।

ਅਰਥ:- ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਇਸ ਮਨੁੱਖਾ ਜਨਮ ਵਿਚ (ਵਿਕਾਰਾਂ ਤੋਂ) ਬਚਾ ਸਕਣ ਵਾਲੇ ਪਰਮਾਤਮਾ ਨੂੰ ਯਾਦ ਕਰਨਾ ਸ਼ੁਰੂ ਕਰ ਦਿੱਤਾ, ਪਰਮਾਤਮਾ ਨੇ ਇਕ ਛਿਨ ਵਿਚ ਉਹਨਾਂ ਨੂੰ ਵਿਕਾਰੀਆਂ ਤੋਂ ਪਵਿਤ੍ਰ ਜੀਵਨ ਵਾਲੇ ਬਣਾ ਦਿੱਤਾ, ਉਹਨਾਂ ਦਾ ਸਾਰਾ ਰੋਗ ਕੱਟ ਦਿੱਤਾ ।੧।ਰਹਾਉ।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਜਿਨ੍ਹਾਂ ਮਨੁੱਖਾਂ ਦਾ ਮੇਲ ਹੋ ਗਿਆ, (ਪਰਮਾਤਮਾ ਨੇ ਉਹਨਾਂ ਦੇ ਅੰਦਰੋਂ) ਕਾਮ ਕ੍ਰੋਧ ਲੋਭ ਮਾਰ ਮੁਕਾਇਆ । ਸਰਬ-ਵਿਆਪਕ ਪਰਮਾਤਮਾ ਦਾ ਨਾਮ ਮੁੜ ਮੁੜ ਸਿਮਰ ਕੇ ਉਹਨਾਂ ਨੇ ਆਪਣੇ ਸਾਰੇ ਸਾਥੀ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਏ ।੧।

ਹੇ ਮਨ! ਪਰਮਾਤਮਾ ਦਾ ਇਕ ਨਾਮ ਹੀ ਸਾਰੀਆਂ ਦਵਾਈਆਂ ਦਾ ਮੂਲ ਹੈ, ਸਾਰੇ ਮੰਤ੍ਰਾਂ ਦਾ ਮੂਲ ਹੈ । ਜਿਸ ਮਨੁੱਖ ਨੇ ਆਪਣੇ ਮਨ ਵਿਚ ਪਰਮਾਤਮਾ ਵਾਸਤੇ ਸਰਧਾ ਧਾਰ ਲਈ ਹੈ, ਨਾਨਕ ਉਸ ਮਨੁੱਖ ਦੇ ਚਰਨਾਂ ਦੀ ਧੂੜ ਸਦਾ ਮੰਗਦਾ ਹੈ, ਨਾਨਕ ਉਸ ਮਨੁੱਖ ਤੋਂ ਸਦਾ ਸਦਕੇ ਜਾਂਦਾ ਹੈ ।੨।੧੬।

ਧਨਾਸਰੀ ਮਹਲਾ ੫ ॥ ਮੇਰਾ ਲਾਗੋ ਰਾਮ ਸਿਉ ਹੇਤੁ ॥ ਸਤਿਗੁਰੁ ਮੇਰਾ ਸਦਾ ਸਹਾਈ ਜਿਨਿ ਦੁਖ ਕਾ ਕਾਟਿਆ ਕੇਤੁ ॥੧॥ ਰਹਾਉ ॥ ਹਾਥ ਦੇਇ ਰਾਖਿਓ ਅਪੁਨਾ ਕਰਿ ਬਿਰਥਾ ਸਗਲ ਮਿਟਾਈ ॥ ਨਿੰਦਕ ਕੇ ਮੁਖ ਕਾਲੇ ਕੀਨੇ ਜਨ ਕਾ ਆਪਿ ਸਹਾਈ ॥੧॥ ਸਾਚਾ ਸਾਹਿਬੁ ਹੋਆ ਰਖਵਾਲਾ ਰਾਖਿ ਲੀਏ ਕੰਠਿ ਲਾਇ ॥ ਨਿਰਭਉ ਭਏ ਸਦਾ ਸੁਖ ਮਾਣੇ ਨਾਨਕ ਹਰਿ ਗੁਣ ਗਾਇ ॥੨॥੧੭॥ {ਪੰਨਾ 675}

ਪਦਅਰਥ:- ਲਾਗੋ—ਲੱਗ ਗਿਆ ਹੈ । ਸਿਉ—ਨਾਲ । ਹੇਤੁ—ਪਿਆਰ । ਸਹਾਈ—ਮਦਦਗਾਰ । ਜਿਨਿ—ਜਿਸ (ਗੁਰੂ) ਨੇ । ਕੇਤੁ—ਝੰਡਾ, ਬੋਦੀ ਵਾਲਾ ਤਾਰਾ ਜੋ ਮਨਹੂਸ ਸਮਝਿਆ ਜਾਂਦਾ ਹੈ ।੧।ਰਹਾਉ।

ਦੇਇ—ਦੇ ਕੇ । ਕਰਿ—ਬਣਾ ਕੇ । ਬਿਰਥਾ—{ÒXQW} ਪੀੜ, ਦਰਦ । ਸਗਲ—ਸਾਰੀ । ਨਿੰਦਕ ਕੇ ਮੁਖ—ਨਿੰਦਕਾਂ ਦੇ ਮੂੰਹ । ਜਨ—ਸੇਵਕ ।੧।

ਸਾਚਾ—ਸਦਾ ਕਾਇਮ ਰਹਿਣ ਵਾਲਾ । ਕੰਠਿ—ਗਲ ਨਾਲ । ਮਾਣੇ—ਮਾਣਿ, ਮਾਣ । ਸੁਖ—ਆਤਮਕ ਆਨੰਦ । ਗਾਇ—ਗਾ ਕੇ ।੨।

ਅਰਥ:- ਹੇ ਭਾਈ! ਜਿਸ ਗੁਰੂ ਨੇ (ਸਰਨ ਆਏ ਹਰੇਕ ਮਨੁੱਖ ਦਾ) ਬੋਦੀ ਵਾਲਾ ਤਾਰਾ ਹੀ ਸਦਾ ਕੱਟ ਦਿੱਤਾ ਹੈ (ਜੇਹੜਾ ਗੁਰੂ ਹਰੇਕ ਸਰਨ ਆਏ ਮਨੁੱਖ ਦੇ ਦੁੱਖਾਂ ਦੀ ਜੜ੍ਹ ਹੀ ਕੱਟ ਦੇਂਦਾ ਹੈ), ਉਹ ਗੁਰੂ ਮੇਰਾ ਭੀ ਸਦਾ ਲਈ ਮਦਦਗਾਰ ਬਣ ਗਿਆ ਹੈ (ਤੇ, ਉਸ ਦੀ ਕਿਰਪਾ ਨਾਲ) ਮੇਰਾ ਪਰਮਾਤਮਾ ਨਾਲ ਪਿਆਰ ਬਣ ਗਿਆ ਹੈ ।੧।ਰਹਾਉ।

(ਹੇ ਭਾਈ! ਉਹ ਪਰਮਾਤਮਾ ਆਪਣੇ ਸੇਵਕਾਂ ਨੂੰ ਆਪਣੇ) ਹੱਥ ਦੇ ਕੇ (ਦੁੱਖਾਂ ਤੋਂ) ਬਚਾਂਦਾ ਹੈ, (ਸੇਵਕਾਂ ਨੂੰ) ਆਪਣੇ ਬਣਾ ਕੇ ਉਹਨਾਂ ਦਾ ਸਾਰਾ ਦੁੱਖ-ਦਰਦ ਮਿਟਾ ਦੇਂਦਾ ਹੈ । ਪਰਮਾਤਮਾ ਆਪਣੇ ਸੇਵਕਾਂ ਦਾ ਆਪ ਮਦਦਗਾਰ ਬਣਦਾ ਹੈ, ਤੇ, ਉਹਨਾਂ ਦੀ ਨਿੰਦਾ ਕਰਨ ਵਾਲਿਆਂ ਦੇ ਮੂੰਹ ਕਾਲੇ ਕਰਦਾ ਹੈ ।੧।

ਹੇ ਨਾਨਕ! ਸਦਾ ਕਾਇਮ ਰਹਿਣ ਵਾਲਾ ਮਾਲਕ (ਆਪਣੇ ਸੇਵਕਾਂ ਦਾ ਆਪ) ਰਾਖਾ ਬਣਦਾ ਹੈ, ਉਹਨਾਂ ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ । ਪਰਮਾਤਮਾ ਦੇ ਸੇਵਕ ਪਰਮਾਤਮਾ ਦੇ ਗੁਣ ਗਾ ਗਾ ਕੇ, ਤੇ, ਸਦਾ ਆਤਮਕ ਆਨੰਦ ਮਾਣ ਕੇ (ਦੁੱਖਾਂ ਕਲੇਸ਼ਾਂ ਵਲੋਂ) ਨਿਡਰ ਹੋ ਜਾਂਦੇ ਹਨ ।੨।੧੭।

ਧਨਾਸਿਰੀ ਮਹਲਾ ੫ ॥ ਅਉਖਧੁ ਤੇਰੋ ਨਾਮੁ ਦਇਆਲ ॥ ਮੋਹਿ ਆਤੁਰ ਤੇਰੀ ਗਤਿ ਨਹੀ ਜਾਨੀ ਤੂੰ ਆਪਿ ਕਰਹਿ ਪ੍ਰਤਿਪਾਲ ॥੧॥ ਰਹਾਉ ॥ ਧਾਰਿ ਅਨੁਗ੍ਰਹੁ ਸੁਆਮੀ ਮੇਰੇ ਦੁਤੀਆ ਭਾਉ ਨਿਵਾਰਿ ॥ ਬੰਧਨ ਕਾਟਿ ਲੇਹੁ ਅਪੁਨੇ ਕਰਿ ਕਬਹੂ ਨ ਆਵਹ ਹਾਰਿ ॥੧॥ ਤੇਰੀ ਸਰਨਿ ਪਇਆ ਹਉ ਜੀਵਾਂ ਤੂੰ ਸੰਮ੍ਰਥੁ ਪੁਰਖੁ ਮਿਹਰਵਾਨੁ ॥ ਆਠ ਪਹਰ ਪ੍ਰਭ ਕਉ ਆਰਾਧੀ ਨਾਨਕ ਸਦ ਕੁਰਬਾਨੁ ॥੨॥੧੮॥ {ਪੰਨਾ 675}

ਪਦਅਰਥ:- ਅਉਖਧੁ—ਦਵਾਈ । ਦਇਆਲ—ਹੇ ਦਇਆ ਦੇ ਘਰ! ਆਤੁਰ—ਦੁੱਖੀ । ਮੋਹਿ ਆਤੁਰ—ਮੈਂ ਦੁੱਖੀ ਨੇ । ਗਤਿ—ਉੱਚੀ ਆਤਮਕ ਅਵਸਥਾ । ਕਰਹਿ—ਤੂੰ ਕਰਦਾ ਹੈਂ ।੧।ਰਹਾਉ।

ਅਨੁਗ੍ਰਹੁ—ਕਿਰਪਾ । ਦੁਤੀਆ ਭਾਉ—ਦੂਜਾ ਪਿਆਰ, ਮੇਰ-ਤੇਰ, ਮਾਇਆ ਦਾ ਮੋਹ । ਨਿਵਾਰਿ—ਦੂਰ ਕਰ । ਕਾਟਿ—ਕੱਟ ਕੇ । ਕਰਿ ਲੇਹੁ—ਬਣਾ ਲੈ । ਆਵਹ—ਅਸੀ ਆਵੀਏ । ਹਾਰਿ—ਹਾਰ ਕੇ ।੧।

ਹਉ ਜੀਵਾਂ—ਮੈਂ ਆਤਮਕ ਜੀਵਨ ਵਾਲਾ ਬਣਿਆ ਰਹਿੰਦਾ ਹਾਂ । ਸੰਮ੍ਰਥੁ—ਸਭ ਤਾਕਤਾਂ ਦਾ ਮਾਲਕ । ਪੁਰਖੁ—ਸਰਬ-ਵਿਆਪਕ । ਕਉ—ਨੂੰ । ਆਰਾਧੀ—ਆਰਾਧੀਂ, ਮੈਂ ਅਰਾਧਦਾ ਰਹਾਂ । ਸਦ—ਸਦਾ ।੨।

ਅਰਥ:- ਹੇ ਦਇਆ ਦੇ ਘਰ ਪ੍ਰਭੂ! ਤੇਰਾ ਨਾਮ (ਮੇਰੇ ਹਰੇਕ ਰੋਗ ਦੀ) ਦਵਾਈ ਹੈ, ਪਰ ਮੈਂ ਦੁੱਖੀਏ ਨੇ ਸਮਝਿਆ ਹੀ ਨਹੀਂ ਸੀ ਕਿ ਤੂੰ ਕਿਤਨੀ ਉੱਚੀ ਆਤਮਕ ਅਵਸਥਾ ਵਾਲਾ ਹੈਂ, (ਫਿਰ ਭੀ) ਤੂੰ ਆਪ ਮੇਰੀ ਪਾਲਣਾ ਕਰਦਾ ਹੈਂ ।੧।ਰਹਾਉ।

ਹੇ ਮੇਰੇ ਮਾਲਕ! ਮੇਰੇ ਉੱਤੇ ਮੇਹਰ ਕਰ (ਮੇਰੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰ । ਹੇ ਪ੍ਰਭੂ! ਸਾਡੇ (ਮਾਇਆ ਦੇ ਮੋਹ ਦੇ) ਬੰਧਨ ਕੱਟ ਕੇ ਸਾਨੂੰ ਆਪਣੇ ਬਣਾ ਲਵੋ, ਅਸੀ ਕਦੇ (ਮਨੁੱਖ ਜਨਮ ਦੀ ਬਾਜ਼ੀ) ਹਾਰ ਕੇ ਨਾਹ ਆਵੀਏ ।੧।

ਹੇ ਨਾਨਕ! (ਆਖ—ਹੇ ਪ੍ਰਭੂ!) ਤੇਰੀ ਸਰਨ ਪੈ ਕੇ ਮੈਂ ਆਤਮਕ ਜੀਵਨ ਵਾਲਾ ਬਣਿਆ ਰਹਿੰਦਾ ਹਾਂ (ਮੈਨੂੰ ਆਪਣੀ ਸਰਨ ਵਿਚ ਰੱਖ) ਤੂੰ ਸਾਰੀਆਂ ਤਾਕਤਾਂ ਦਾ ਮਾਲਕ ਹੈਂ, ਤੂੰ ਸਰਬ-ਵਿਆਪਕ ਹੈਂ, ਤੂੰ (ਸਭ ਉਤੇ) ਦਇਆ ਕਰਨ ਵਾਲਾ ਹੈਂ । (ਹੇ ਭਾਈ! ਮੇਰੀ ਇਹੀ ਅਰਦਾਸ ਹੈ ਕਿ) ਮੈਂ ਅੱਠੇ ਪਹਰ ਪਰਮਾਤਮਾ ਦਾ ਆਰਾਧਨ ਕਰਦਾ ਰਹਾਂ, ਮੈਂ ਉਸ ਤੋਂ ਸਦਾ ਸਦਕੇ ਜਾਂਦਾ ਹਾਂ ।੨।੧੮।

ਰਾਗੁ ਧਨਾਸਰੀ ਮਹਲਾ ੫ ੴ ਸਤਿਗੁਰ ਪ੍ਰਸਾਦਿ ॥ ਹਾ ਹਾ ਪ੍ਰਭ ਰਾਖਿ ਲੇਹੁ ॥ ਹਮ ਤੇ ਕਿਛੂ ਨ ਹੋਇ ਮੇਰੇ ਸ੍ਵਾਮੀ ਕਰਿ ਕਿਰਪਾ ਅਪੁਨਾ ਨਾਮੁ ਦੇਹੁ ॥੧॥ ਰਹਾਉ ॥ ਅਗਨਿ ਕੁਟੰਬ ਸਾਗਰ ਸੰਸਾਰ ॥ ਭਰਮ ਮੋਹ ਅਗਿਆਨ ਅੰਧਾਰ ॥੧॥ ਊਚ ਨੀਚ ਸੂਖ ਦੂਖ ॥ ਧ੍ਰਾਪਸਿ ਨਾਹੀ ਤ੍ਰਿਸਨਾ ਭੂਖ ॥੨॥ ਮਨਿ ਬਾਸਨਾ ਰਚਿ ਬਿਖੈ ਬਿਆਧਿ ॥ ਪੰਚ ਦੂਤ ਸੰਗਿ ਮਹਾ ਅਸਾਧ ॥੩॥ ਜੀਅ ਜਹਾਨੁ ਪ੍ਰਾਨ ਧਨੁ ਤੇਰਾ ॥ ਨਾਨਕ ਜਾਨੁ ਸਦਾ ਹਰਿ ਨੇਰਾ ॥੪॥੧॥੧੯॥ {ਪੰਨਾ 675}

ਪਦਅਰਥ:- ਹਾ ਹਾ—ਹਾਏ! ਹਾਏ! ਪ੍ਰਭ—ਹੇ ਪ੍ਰਭੂ! ਹਮ ਤੇ—ਅਸਾਂ ਜੀਵਾਂ ਤੋਂ । ਸ੍ਵਾਮੀ—ਹੇ ਸੁਆਮੀ! ।੧।ਰਹਾਉ।

ਸਾਗਰ—ਸਮੁੰਦਰ । ਅਗਨਿ—ਅੱਗ । ਕੁਟੰਬ—ਪਰਵਾਰ (ਦਾ ਮੋਹ) । ਭਰਮ—ਭਟਕਣਾ । ਅਗਿਆਨ—ਆਤਮਕ ਜੀਵਨ ਵਲੋਂ ਬੇ-ਸਮਝੀ । ਅੰਧਾਰ—ਹਨੇਰੇ ।੧।

ਊਚ—ਮਨ ਦਾ ਉੱਚਾ ਹੋ ਜਾਣਾ, ਅਹੰਕਾਰ । ਨੀਚ—ਢਹਿੰਦੀ ਕਲਾ, ਨਿੱਘਰੀ ਹੋਈ ਹਾਲਤ । ਧ੍ਰਾਪਸਿ ਨਾਹੀ—ਰੱਜਦਾ ਨਹੀਂ ।੨।

ਮਨਿ—ਮਨ ਵਿਚ । ਬਾਸਨਾ—ਵਾਸਨਾ । ਰਚਿ—ਰਚ ਕੇ, ਬਣਾ ਕੇ । ਬਿਖੈ—ਵਿਸ਼ੇ-ਵਿਕਾਰ । ਬਿਆਧਿ—ਰੋਗ । ਦੂਤ—ਵੈਰੀ । ਸੰਗਿ—ਨਾਲ । ਅਸਾਧ—ਕਾਬੂ ਨਾਹ ਆ ਸਕਣ ਵਾਲੇ ।੩।

ਜੀਅ—ਸਾਰੇ ਜੀਵ {ਲਫ਼ਜ਼ 'ਜੀਉ' ਤੋਂ ਬਹੁ-ਵਚਨ} । ਨਾਨਕ—ਹੇ ਨਾਨਕ! ਜਾਨੁ—ਸਮਝ । ਨੇਰਾ—ਨੇੜੇ ।੪।

ਅਰਥ:- ਹੇ ਪ੍ਰਭੂ! ਸਾਨੂੰ ਬਚਾ ਲੈ, ਸਾਨੂੰ ਬਚਾ ਲੈ । ਹੇ ਮੇਰੇ ਮਾਲਕ! (ਇਹਨਾਂ ਵਿਕਾਰਾਂ ਤੋਂ ਬਚਣ ਲਈ) ਅਸਾਂ ਜੀਵਾਂ ਪਾਸੋਂ ਕੁਝ ਨਹੀਂ ਹੋ ਸਕਦਾ! ਮੇਹਰ ਕਰ, ਆਪਣਾ ਨਾਮ ਬਖ਼ਸ਼ ।੧।ਰਹਾਉ।

ਹੇ ਪ੍ਰਭੂ! ਇਹ ਸੰਸਾਰ-ਸਮੁੰਦਰ ਪਰਵਾਰ (ਦੇ ਮੋਹ) ਦੀ ਅੱਗ (ਨਾਲ ਭਰਿਆ ਹੋਇਆ) ਹੈ । ਭਟਕਣਾ,

ਮਾਇਆ ਦਾ ਮੋਹ, ਆਤਮਕ ਜੀਵਨ ਵਲੋਂ ਬੇ-ਸਮਝੀ—ਇਹ ਸਾਰੇ ਘੁੱਪ ਹਨੇਰੇ ਪਏ ਹੋਏ ਹਨ ।੧।

ਹੇ ਪ੍ਰਭੂ! ਦੁਨੀਆ ਦੇ ਸੁਖ ਮਿਲਣ ਤੇ ਜੀਵ ਨੂੰ ਅਹੰਕਾਰ ਪੈਦਾ ਹੋ ਜਾਂਦਾ ਹੈ, ਦੁੱਖ ਮਿਲਣ ਤੇ ਨਿੱਘਰੀ ਹੋਈ ਹਾਲਤ ਬਣ ਜਾਂਦੀ ਹੈ । ਜੀਵ (ਮਾਇਆ ਵਲੋਂ ਕਿਸੇ ਵੇਲੇ) ਰੱਜਦਾ ਨਹੀਂ, ਇਸ ਨੂੰ ਮਾਇਆ ਦੀ ਤ੍ਰੇਹ ਮਾਇਆ ਦੀ ਭੁੱਖ ਚੰਬੜੀ ਰਹਿੰਦੀ ਹੈ ।੨।

ਹੇ ਪ੍ਰਭੂ! ਜੀਵ ਆਪਣੇ ਮਨ ਵਿਚ ਵਾਸਨਾ ਖੜੀਆਂ ਕਰ ਕੇ ਵਿਸ਼ੇ-ਵਿਕਾਰਾਂ ਦੇ ਕਾਰਨ ਰੋਗ ਸਹੇੜ ਲੈਂਦਾ ਹੈ । ਇਹ ਵੱਡੇ ਆਕੀ (ਕਾਮਾਦਿਕ) ਪੰਜ ਵੈਰੀ ਇਸ ਦੇ ਨਾਲ ਚੰਬੜੇ ਰਹਿੰਦੇ ਹਨ ।੩।

ਹੇ ਨਾਨਕ! (ਜੇ ਇਹਨਾਂ ਵੈਰੀਆਂ ਤੋਂ ਬਚਣਾ ਹੈ, ਤਾਂ) ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਸਮਝ (ਉਸ ਦੇ ਅੱਗੇ ਅਰਦਾਸ ਕਰਿਆ ਕਰ—ਹੇ ਪ੍ਰਭੂ!) ਇਹ ਸਾਰੇ ਜੀਵ, ਇਹ ਜਗਤ, ਇਹ ਧਨ, ਜੀਵਾਂ ਦੇ ਪ੍ਰਾਣ—ਇਹ ਸਭ ਕੁਝ ਤੇਰਾ ਹੀ ਰਚਿਆ ਹੋਇਆ ਹੈ (ਤੂੰ ਹੀ ਵਿਕਾਰਾਂ ਤੋਂ ਬਚਾਣ ਦੇ ਸਮਰਥ ਹੈਂ) ।੪।੧।੧੯।

ਨੋਟ:- ਅੰਕ ੧ ਦੱਸਦਾ ਹੈ ਕਿ ਮਹਲਾ ੫ ਦੇ ਸ਼ਬਦਾਂ ਦਾ ਇਹ ਨਵਾਂ ਸੰਗ੍ਰਹ ਹੈ ।

ਧਨਾਸਰੀ ਮਹਲਾ ੫ ॥ ਦੀਨ ਦਰਦ ਨਿਵਾਰਿ ਠਾਕੁਰ ਰਾਖੈ ਜਨ ਕੀ ਆਪਿ ॥ ਤਰਣ ਤਾਰਣ ਹਰਿ ਨਿਧਿ ਦੂਖੁ ਨ ਸਕੈ ਬਿਆਪਿ ॥੧॥ ਸਾਧੂ ਸੰਗਿ ਭਜਹੁ ਗੁਪਾਲ ॥ ਆਨ ਸੰਜਮ ਕਿਛੁ ਨ ਸੂਝੈ ਇਹ ਜਤਨ ਕਾਟਿ ਕਲਿ ਕਾਲ ॥ ਰਹਾਉ ॥ ਆਦਿ ਅੰਤਿ ਦਇਆਲ ਪੂਰਨ ਤਿਸੁ ਬਿਨਾ ਨਹੀ ਕੋਇ ॥ ਜਨਮ ਮਰਣ ਨਿਵਾਰਿ ਹਰਿ ਜਪਿ ਸਿਮਰਿ ਸੁਆਮੀ ਸੋਇ ॥੨॥ ਬੇਦ ਸਿੰਮ੍ਰਿਤਿ ਕਥੈ ਸਾਸਤ ਭਗਤ ਕਰਹਿ ਬੀਚਾਰੁ ॥ ਮੁਕਤਿ ਪਾਈਐ ਸਾਧਸੰਗਤਿ ਬਿਨਸਿ ਜਾਇ ਅੰਧਾਰੁ ॥੩॥ ਚਰਨ ਕਮਲ ਅਧਾਰੁ ਜਨ ਕਾ ਰਾਸਿ ਪੂੰਜੀ ਏਕ ॥ ਤਾਣੁ ਮਾਣੁ ਦੀਬਾਣੁ ਸਾਚਾ ਨਾਨਕ ਕੀ ਪ੍ਰਭ ਟੇਕ ॥੪॥੨॥੨੦॥ {ਪੰਨਾ 675}

ਪਦਅਰਥ:- ਦੀਨ—ਗਰੀਬ, ਅਨਾਥ । ਨਿਵਾਰਿ—ਦੂਰ ਕਰ ਕੇ । ਜਨ—ਸੇਵਕ । ਰਾਖੈ—ਲਾਜ ਰੱਖਦਾ ਹੈ । ਤਰਣ—ਜਹਾਜ਼ । ਨਿਧਿ—ਖ਼ਜ਼ਾਨਾ । ਨ ਸਕੈ ਬਿਆਪਿ—ਪੋਹ ਨਹੀਂ ਸਕਦਾ ।੧।

ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ । ਗੋਪਾਲ—ਧਰਤੀ ਦਾ ਪਾਲਣ ਵਾਲਾ । ਆਨ—{ANX} ਕੋਈ ਹੋਰ । ਸੰਜਮ—ਜੁਗਤਿ । ਕਟਿ—ਕੱਟ ਲੈ । ਕਲਿ ਕਾਲ—ਸੰਸਾਰ ਦੀ ਕਲਪਣਾ, ਜਗਤ ਦੇ ਝੰਬੇਲੇ ।ਰਹਾਉ ।

ਆਦਿ—ਸ਼ੁਰੂ ਤੋਂ । ਅੰਤਿ—ਅਖ਼ੀਰ ਵਿਚ । ਆਦਿ ਅੰਤਿ—ਜਗਤ ਦੇ ਸ਼ੁਰੂ ਤੋਂ ਲੈ ਕੇ ਅਖ਼ੀਰ ਤਕ, ਸਦਾ ਹੀ । ਦਇਆਲ—ਦਇਆ ਦਾ ਘਰ । ਪੂਰਨ—ਸਰਬ-ਵਿਆਪਕ । ਨਿਵਾਰਿ—ਦੂਰ ਕਰ ਲੈ । ਜਪਿ—ਜਪ ਕੇ । ਸੋਇ—ਉਹੀ ।੨।

ਕਰਹਿ—ਕਰਦੇ ਹਨ । ਮੁਕਤਿ—(ਜਗਤ ਦੇ ਝਗੜਿਆਂ ਝੰਬੇਲਿਆਂ ਤੋਂ) ਖ਼ਲਾਸੀ । ਅੰਧਾਰੁ—ਹਨੇਰਾ ।੩।

ਅਧਾਰੁ—ਆਸਰਾ । ਸਾਚਾ—ਸਦਾ ਕਾਇਮ ਰਹਿਣ ਵਾਲਾ ।੪।

ਅਰਥ:- ਹੇ ਭਾਈ! ਗੁਰੂ ਦੀ ਸੰਗਤਿ ਵਿਚ (ਰਹਿ ਕੇ) ਪਰਮਾਤਮਾ ਦਾ ਨਾਮ ਜਪਿਆ ਕਰ । ਇਹਨਾਂ ਜਤਨਾਂ ਨਾਲ ਹੀ ਸੰਸਾਰ ਦੇ ਝੰਬੇਲਿਆਂ ਦੀ ਫਾਹੀ ਕੱਟ । (ਮੈਨੂੰ ਇਸ ਤੋਂ ਬਿਨਾ) ਹੋਰ ਕੋਈ ਜੁਗਤਿ ਨਹੀਂ ਸੁੱਝਦੀ

।ਰਹਾਉ।

ਹੇ ਭਾਈ! ਪਰਮਾਤਮਾ ਅਨਾਥਾਂ ਦੇ ਦੁੱਖ ਦੂਰ ਕਰ ਕੇ ਆਪਣੇ ਸੇਵਕਾਂ ਦੀ ਲਾਜ ਆਪ ਰੱਖਦਾ ਹੈ । ਉਹ ਪ੍ਰਭੂ (ਸੰਸਾਰ-ਸਮੁੰਦਰ ਤੋਂ ਪਾਰ) ਲੰਘਾਣ ਵਾਸਤੇ (ਮਾਨੋ) ਜਹਾਜ਼ ਹੈ, ਉਹ ਹਰੀ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ, (ਉਸ ਦੀ ਸਰਨ ਪਿਆਂ ਕੋਈ) ਦੁੱਖ ਪੋਹ ਨਹੀਂ ਸਕਦਾ ।੧।

ਹੇ ਭਾਈ! ਜੇਹੜਾ ਦਇਆ-ਦਾ-ਘਰ ਸਰਬ-ਵਿਆਪਕ ਪ੍ਰਭੂ ਸਦਾ ਹੀ (ਜੀਵਾਂ ਦੇ ਸਿਰ ਉਤੇ ਰਾਖਾ) ਹੈ ਤੇ ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਉਸੇ ਮਾਲਕ ਦਾ ਨਾਮ ਸਦਾ ਸਿਮਰਿਆ ਕਰ, ਉਸੇ ਹਰੀ ਦਾ ਨਾਮ ਜਪ ਕੇ ਆਪਣਾ ਜਨਮ-ਮਰਨ ਦਾ ਗੇੜ ਦੂਰ ਕਰ ।੨।

ਹੇ ਭਾਈ! ਵੇਦ ਸਿੰਮ੍ਰਿਤੀ ਸ਼ਾਸਤਰ (ਹਰੇਕ ਧਰਮ ਪੁਸਤਕ ਜਿਸ ਪਰਮਾਤਮਾ ਦਾ) ਜ਼ਿਕਰ ਕਰਦਾ ਹੈ, ਭਗਤ ਜਨ (ਭੀ ਜਿਸ ਪਰਮਾਤਮਾ ਦੇ ਗੁਣਾਂ ਦਾ) ਵਿਚਾਰ ਕਰਦੇ ਹਨ, ਸਾਧ ਸੰਗਤਿ ਵਿਚ (ਉਸ ਦਾ ਨਾਮ ਸਿਮਰ ਕੇ ਜਗਤ ਦੇ ਝੰਬੇਲਿਆਂ ਤੋਂ) ਖ਼ਲਾਸੀ ਮਿਲਦੀ ਹੈ, (ਮਾਇਆ ਦੇ ਮੋਹ ਦਾ) ਹਨੇਰਾ ਦੂਰ ਹੋ ਜਾਂਦਾ ਹੈ ।੩।

ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਦੇ ਸੋਹਣੇ ਚਰਨ ਹੀ ਭਗਤਾਂ (ਦੇ ਆਤਮਕ ਜੀਵਨ) ਦਾ ਸਰਮਾਇਆ ਹੈ, ਪਰਮਾਤਮਾ ਦੀ ਓਟ ਹੀ ਉਹਨਾਂ ਦਾ ਬਲ ਹੈ, ਸਹਾਰਾ ਹੈ, ਸਦਾ ਕਾਇਮ ਰਹਿਣ ਵਾਲਾ ਆਸਰਾ ਹੈ ।੪।੨।੨੦।

ਧਨਾਸਰੀ ਮਹਲਾ ੫ ॥ ਫਿਰਤ ਫਿਰਤ ਭੇਟੇ ਜਨ ਸਾਧੂ ਪੂਰੈ ਗੁਰਿ ਸਮਝਾਇਆ ॥ ਆਨ ਸਗਲ ਬਿਧਿ ਕਾਂਮਿ ਨ ਆਵੈ ਹਰਿ ਹਰਿ ਨਾਮੁ ਧਿਆਇਆ ॥੧॥ ਤਾ ਤੇ ਮੋਹਿ ਧਾਰੀ ਓਟ ਗੋਪਾਲ ॥ ਸਰਨਿ ਪਰਿਓ ਪੂਰਨ ਪਰਮੇਸੁਰ ਬਿਨਸੇ ਸਗਲ ਜੰਜਾਲ ॥ ਰਹਾਉ ॥ ਸੁਰਗ ਮਿਰਤ ਪਇਆਲ ਭੂ ਮੰਡਲ ਸਗਲ ਬਿਆਪੇ ਮਾਇ ॥ ਜੀਅ ਉਧਾਰਨ ਸਭ ਕੁਲ ਤਾਰਨ ਹਰਿ ਹਰਿ ਨਾਮੁ ਧਿਆਇ ॥੨॥ ਨਾਨਕ ਨਾਮੁ ਨਿਰੰਜਨੁ ਗਾਈਐ ਪਾਈਐ ਸਰਬ ਨਿਧਾਨਾ ॥ ਕਰਿ ਕਿਰਪਾ ਜਿਸੁ ਦੇਇ ਸੁਆਮੀ ਬਿਰਲੇ ਕਾਹੂ ਜਾਨਾ ॥੩॥੩॥੨੧॥ {ਪੰਨਾ 676}

ਪਦਅਰਥ:- ਫਿਰਤ ਫਿਰਤ—ਭਾਲ ਕਰਦਿਆਂ ਕਰਦਿਆਂ । ਭੇਟੇ—ਮਿਲੇ । ਭੇਟੇ ਜਨ ਸਾਧੂ—(ਜਦੋਂ) ਗੁਰੂ ਪੁਰਖ ਨੂੰ ਮਿਲੇ । ਗੁਰਿ—ਗੁਰੂ ਨੇ । ਆਨ—{ANX} ਹੋਰ । ਆਨ ਸਗਲ ਬਿਧਿ—ਹੋਰ ਸਾਰੀਆਂ ਜੁਗਤੀਆਂ । ਕਾਂਮਿ—ਕੰਮ ਵਿਚ । ਕਾਂਮਿ ਨ ਆਵੈ—ਲਾਭਦਾਇਕ ਨਹੀਂ ਹੋ ਸਕਦੀ ।੧।

ਤਾ ਤੇ—ਇਸ ਵਾਸਤੇ । ਮੋਹਿ—ਮੈਂ । ਓਟ—ਆਸਰਾ ।ਰਹਾਉ।

ਸੁਰਗ—ਦੇਵ-ਲੋਕ । ਮਿਰਤ—ਮਾਤ-ਲੋਕ । ਪਇਆਲ—ਪਾਤਾਲ । ਭੂ ਮੰਡਲ—ਸਾਰੀਆਂ ਧਰਤੀਆਂ । ਬਿਆਪੇ—ਗ੍ਰਸੇ ਹੋਏ ਹਨ । ਮਾਇ—ਮਾਇਆ (ਵਿਚ) । ਜੀਅ—ਜਿੰਦ । ਜੀਅ ਉਧਾਰਨ—ਜਿੰਦ ਨੂੰ (ਮਾਇਆ ਦੇ ਮੋਹ ਤੋਂ) ਬਚਾਣ ਲਈ ।੨।

ਨਿਰੰਜਨੁ—ਮਾਇਆ ਤੋਂ ਨਿਰਲੇਪ (ਨਿਰ-ਅੰਜਨੁ । ਅੰਜਨੁ—ਮਾਇਆ ਦੀ ਕਾਲਖ) । ਨਿਧਾਨ—ਖ਼ਜ਼ਾਨੇ । ਦੇਇ—ਦੇਂਦਾ ਹੈ । ਕਾਹੂ ਬਿਰਲੇ—ਕਿਸੇ ਵਿਰਲੇ ਮਨੁੱਖ ਨੇ ।੩।

ਅਰਥ:- ਹੇ ਭਾਈ! ਭਾਲ ਕਰਦਿਆਂ ਕਰਦਿਆਂ ਜਦੋਂ ਮੈਂ ਗੁਰੂ ਮਹਾ ਪੁਰਖ ਨੂੰ ਮਿਲਿਆ, ਤਾਂ ਪੂਰੇ ਗੁਰੂ ਨੇ (ਮੈਨੂੰ) ਇਹ ਸਮਝ ਬਖ਼ਸ਼ੀ ਕਿ (ਮਾਇਆ ਦੇ ਮੋਹ ਤੋਂ ਬਚਣ ਲਈ) ਹੋਰ ਸਾਰੀਆਂ ਜੁਗਤੀਆਂ ਵਿਚੋਂ ਕੋਈ ਇੱਕ

ਜੁਗਤਿ ਭੀ ਕੰਮ ਨਹੀਂ ਆਉਂਦੀ । ਪਰਮਾਤਮਾ ਦਾ ਨਾਮ ਸਿਮਰਿਆ ਹੋਇਆ ਹੀ ਕੰਮ ਆਉਂਦਾ ਹੈ ।੧।

ਇਸ ਵਾਸਤੇ, ਹੇ ਭਾਈ! ਮੈਂ ਪਰਮਾਤਮਾ ਦਾ ਆਸਰਾ ਲੈ ਲਿਆ । (ਜਦੋਂ ਮੈਂ) ਸਰਬ-ਵਿਆਪਕ ਪਰਮਾਤਮਾ ਦੀ ਸਰਨ ਪਿਆ, ਤਾਂ ਮੇਰੇ ਸਾਰੇ (ਮਾਇਆ ਦੇ) ਜੰਜਾਲ ਨਾਸ ਹੋ ਗਏ ।ਰਹਾਉ।

ਹੇ ਭਾਈ! ਦੇਵ ਲੋਕ, ਮਾਤ-ਲੋਕ, ਪਾਤਾਲ-ਸਾਰੀ ਹੀ ਸ੍ਰਿਸ਼ਟੀ ਮਾਇਆ (ਦੇ ਮੋਹ) ਵਿਚ ਫਸੀ ਹੋਈ ਹੈ । ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ, ਇਹੀ ਹੈ ਜਿੰਦ ਨੂੰ (ਮਾਇਆ ਦੇ ਮੋਹ ਵਿਚੋਂ) ਬਚਾਣ ਵਾਲਾ, ਇਹੀ ਹੈ ਸਾਰੀਆਂ ਕੁਲਾਂ ਨੂੰ ਤਾਰਨ ਵਾਲਾ ।੨।

ਹੇ ਨਾਨਕ! ਮਾਇਆ ਤੋਂ ਨਿਰਲੇਪ ਪਰਮਾਤਮਾ ਦਾ ਨਾਮ ਗਾਣਾ ਚਾਹੀਦਾ ਹੈ, (ਨਾਮ ਦੀ ਬਰਕਤਿ ਨਾਲ) ਸਾਰੇ ਖ਼ਜ਼ਾਨਿਆਂ ਦੀ ਪ੍ਰਾਪਤੀ ਹੋ ਜਾਂਦੀ ਹੈ, ਪਰ (ਇਹ ਭੇਤ) ਕਿਸੇ (ਉਸ) ਵਿਰਲੇ ਮਨੁੱਖ ਨੇ ਸਮਝਿਆ ਹੈ ਜਿਸ ਨੂੰ ਮਾਲਕ-ਪ੍ਰਭੂ ਆਪ ਮੇਹਰ ਕਰ ਕੇ (ਨਾਮ ਦੀ ਦਾਤਿ) ਦੇਂਦਾ ਹੈ ।੩।੩।੨੧।

ਧਨਾਸਰੀ ਮਹਲਾ ੫ ਘਰੁ ੨ ਚਉਪਦੇ ੴ ਸਤਿਗੁਰ ਪ੍ਰਸਾਦਿ ॥ ਛੋਡਿ ਜਾਹਿ ਸੇ ਕਰਹਿ ਪਰਾਲ ॥ ਕਾਮਿ ਨ ਆਵਹਿ ਸੇ ਜੰਜਾਲ ॥ ਸੰਗਿ ਨ ਚਾਲਹਿ ਤਿਨ ਸਿਉ ਹੀਤ ॥ ਜੋ ਬੈਰਾਈ ਸੇਈ ਮੀਤ ॥੧॥ ਐਸੇ ਭਰਮਿ ਭੁਲੇ ਸੰਸਾਰਾ ॥ ਜਨਮੁ ਪਦਾਰਥੁ ਖੋਇ ਗਵਾਰਾ ॥ ਰਹਾਉ ॥ ਸਾਚੁ ਧਰਮੁ ਨਹੀ ਭਾਵੈ ਡੀਠਾ ॥ ਝੂਠ ਧੋਹ ਸਿਉ ਰਚਿਓ ਮੀਠਾ ॥ ਦਾਤਿ ਪਿਆਰੀ ਵਿਸਰਿਆ ਦਾਤਾਰਾ ॥ ਜਾਣੈ ਨਾਹੀ ਮਰਣੁ ਵਿਚਾਰਾ ॥੨॥ ਵਸਤੁ ਪਰਾਈ ਕਉ ਉਠਿ ਰੋਵੈ ॥ ਕਰਮ ਧਰਮ ਸਗਲਾ ਈ ਖੋਵੈ ॥ ਹੁਕਮੁ ਨ ਬੂਝੈ ਆਵਣ ਜਾਣੇ ॥ ਪਾਪ ਕਰੈ ਤਾ ਪਛੋਤਾਣੇ ॥੩॥ ਜੋ ਤੁਧੁ ਭਾਵੈ ਸੋ ਪਰਵਾਣੁ ॥ ਤੇਰੇ ਭਾਣੇ ਨੋ ਕੁਰਬਾਣੁ ॥ ਨਾਨਕੁ ਗਰੀਬੁ ਬੰਦਾ ਜਨੁ ਤੇਰਾ ॥ ਰਾਖਿ ਲੇਇ ਸਾਹਿਬੁ ਪ੍ਰਭੁ ਮੇਰਾ ॥੪॥੧॥੨੨॥ {ਪੰਨਾ 676}

ਪਦਅਰਥ:- ਜਾਹਿ—ਜਾਂਦੇ ਹਨ । ਕਰਹਿ—ਕਰਦੇ ਹਨ । ਸੇ ਪਰਾਲ—ਉਹ ਵਿਅਰਥ ਕੰਮ {ਪਰਾਲ—ਪਰਾਲੀ; ਮੁੰਜੀ ਦਾ ਨਾੜ} । ਕਾਮਿ ਨ ਆਵਹਿ—ਕੰਮ ਨਹੀਂ ਆਉਂਦੇ । ਸੇ—ਉਹ {ਬਹੁ-ਵਚਨ} । ਸੰਗਿ—ਨਾਲ । ਹੀਤ—ਹਿਤ, ਪਿਆਰ । ਬੈਰਾਈ—ਵੈਰੀ ।੧।

ਭਰਮਿ—ਭਰਮ ਵਿਚ । ਭੁਲੇ—ਕੁਰਾਹੇ ਪਿਆ ਹੋਇਆ । ਸੰਸਾਰਾ—ਜਗਤ । ਖੋਇ—ਗਵਾ ਰਿਹਾ ਹੈ ।ਰਹਾਉ।

ਸਾਚੁ—ਸਦਾ-ਥਿਰ ਹਰਿ-ਨਾਮ ਦਾ ਸਿਮਰਨ । ਭਾਵੈ—ਚੰਗਾ ਲੱਗਦਾ । ਧੋਹ—ਠੱਗੀ । ਸਿਉ—ਨਾਲ । ਮੀਠਾ—ਮਿੱਠਾ (ਜਾਣ ਕੇ) । ਮਰਣੁ—ਮੌਤ ।੨।

ਵਸਤੁ—ਚੀਜ਼ । ਕਉ—ਦੀ ਖ਼ਾਤਰ । ਉਠਿ—ਉੱਠ ਕੇ । ਰੋਵੈ—ਤਰਲੇ ਲੈਂਦਾ ਹੈ । ਸਗਲਾ ਈ—ਸਾਰਾ ਹੀ । ਖੋਵੈ—ਗਵਾ ਲੈਂਦਾ ਹੈ । ਹੁਕਮੁ—ਰਜ਼ਾ । ਆਵਣ ਜਾਣੇ—ਜਨਮ ਮਰਨ ਦੇ ਗੇੜ ।੩।

ਨੋ—ਨੂੰ, ਤੋਂ । ਜਨੁ—ਦਾਸ । ਸਾਹਿਬੁ—ਮਾਲਕ ।੪।

ਅਰਥ:- ਹੇ ਭਾਈ! ਮੂਰਖ ਜਗਤ (ਮਾਇਆ ਦੀ) ਭਟਕਣਾ ਵਿਚ ਪੈ ਕੇ ਅਜੇ ਕੁਰਾਹੇ ਪਿਆ ਹੋਇਆ ਹੈ (ਕਿ ਆਪਣਾ) ਕੀਮਤੀ ਮਨੁੱਖਾ ਜਨਮ ਗਵਾ ਰਿਹਾ ਹੈ ।ਰਹਾਉ।

ਹੇ ਭਾਈ! ਮਾਇਆ-ਵੇੜ੍ਹੇ ਜੀਵ ਉਹੀ ਨਿਕੰਮੇ ਕੰਮ ਕਰਦੇ ਰਹਿੰਦੇ ਹਨ, ਜਿਨ੍ਹਾਂ ਨੂੰ ਆਖ਼ਰ ਛੱਡ ਕੇ ਇਥੋਂ ਚਲੇ ਜਾਂਦੇ ਹਨ । ਉਹੀ ਜੰਜਾਲ ਸਹੇੜੀ ਰੱਖਦੇ ਹਨ, ਜੇਹੜੇ ਇਹਨਾਂ ਦੇ ਕਿਸੇ ਕੰਮ ਨਹੀਂ ਆਉਂਦੇ । ਉਹਨਾਂ ਨਾਲ ਮੋਹ-ਪਿਆਰ ਬਣਾਈ ਰੱਖਦੇ ਹਨ, ਜੇਹੜੇ (ਅੰਤ ਵੇਲੇ) ਨਾਲ ਨਹੀਂ ਜਾਂਦੇ । ਉਹਨਾਂ (ਵਿਕਾਰਾਂ) ਨੂੰ ਮਿੱਤਰ ਸਮਝਦੇ ਰਹਿੰਦੇ ਹਨ ਜੋ (ਅਸਲ ਵਿਚ ਆਤਮਕ ਜੀਵਨ ਦੇ) ਵੈਰੀ ਹਨ ।੧।

ਹੇ ਭਾਈ! (ਮਾਇਆ-ਵੇੜ੍ਹੇ ਮੂਰਖ ਮਨੁੱਖ ਨੂੰ) ਸਦਾ-ਥਿਰ ਹਰਿ-ਨਾਮ ਸਿਮਰਨ (ਵਾਲਾ) ਧਰਮ ਅੱਖੀਂ ਵੇਖਿਆ ਨਹੀਂ ਭਾਉਂਦਾ । ਝੂਠ ਨੂੰ ਠੱਗੀ ਨੂੰ ਮਿੱਠਾ ਜਾਣ ਕੇ ਇਹਨਾਂ ਨਾਲ ਮਸਤ ਰਹਿੰਦਾ ਹੈ । ਦਾਤਾਰ-ਪ੍ਰਭੂ ਨੂੰ ਭੁਲਾਈ ਰੱਖਦਾ ਹੈ, ਉਸ ਦੀ ਦਿੱਤੀ ਹੋਈ ਦਾਤਿ ਇਸ ਨੂੰ ਪਿਆਰੀ ਲੱਗਦੀ ਹੈ । (ਮੋਹ ਵਿਚ) ਬੇਬਸ ਹੋਇਆ ਜੀਵ ਆਪਣੀ ਮੌਤ ਨੂੰ ਚੇਤੇ ਨਹੀਂ ਕਰਦਾ ।੨।

ਹੇ ਭਾਈ! (ਭਟਕਣਾ ਵਿਚ ਪਿਆ ਹੋਇਆ ਜੀਵ) ਉਸ ਚੀਜ਼ ਲਈ ਦੌੜ ਦੌੜ ਤਰਲੇ ਲੈਂਦਾ ਹੈ ਜੋ ਆਖ਼ਰ ਬਿਗਾਨੀ ਹੋ ਜਾਣੀ ਹੈ । ਆਪਣਾ ਇਨਸਾਨੀ ਫ਼ਰਜ਼ ਸਾਰਾ ਹੀ ਭੁਲਾ ਦੇਂਦਾ ਹੈ । ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਨਹੀਂ ਸਮਝਦਾ (ਜਿਸ ਕਰਕੇ ਇਸ ਦੇ ਵਾਸਤੇ) ਜਨਮ ਮਰਨ ਦੇ ਗੇੜ (ਬਣੇ ਰਹਿੰਦੇ ਹਨ) ਨਿੱਤ ਪਾਪ ਕਰਦਾ ਰਹਿੰਦਾ ਹੈ, ਆਖ਼ਰ ਪਛੁਤਾਂਦਾ ਹੈ ।੩।

(ਪਰ, ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ?) ਜੋ ਤੈਨੂੰ ਚੰਗਾ ਲੱਗਦਾ ਹੈ, ਉਹੀ ਅਸਾਂ ਜੀਵਾਂ ਨੂੰ ਕਬੂਲ ਹੁੰਦਾ ਹੈ । ਹੇ ਪ੍ਰਭੂ! ਮੈਂ ਤੇਰੀ ਮਰਜ਼ੀ ਤੋਂ ਸਦਕੇ ਹਾਂ । ਗਰੀਬ ਨਾਨਕ ਤੇਰਾ ਦਾਸ ਹੈ ਤੇਰਾ ਗ਼ੁਲਾਮ ਹੈ । ਹੇ ਭਾਈ! ਮੇਰਾ ਮਾਲਕ-ਪ੍ਰਭੂ (ਆਪਣੇ ਦਾਸ ਦੀ ਲਾਜ ਆਪ) ਰੱਖ ਲੈਂਦਾ ਹੈ ।੪।੧।੨੨।

ਧਨਾਸਰੀ ਮਹਲਾ ੫ ॥ ਮੋਹਿ ਮਸਕੀਨ ਪ੍ਰਭੁ ਨਾਮੁ ਅਧਾਰੁ ॥ ਖਾਟਣ ਕਉ ਹਰਿ ਹਰਿ ਰੋਜਗਾਰੁ ॥ ਸੰਚਣ ਕਉ ਹਰਿ ਏਕੋ ਨਾਮੁ ॥ ਹਲਤਿ ਪਲਤਿ ਤਾ ਕੈ ਆਵੈ ਕਾਮ ॥੧॥ ਨਾਮਿ ਰਤੇ ਪ੍ਰਭ ਰੰਗਿ ਅਪਾਰ ॥ ਸਾਧ ਗਾਵਹਿ ਗੁਣ ਏਕ ਨਿਰੰਕਾਰ ॥ ਰਹਾਉ ॥ ਸਾਧ ਕੀ ਸੋਭਾ ਅਤਿ ਮਸਕੀਨੀ ॥ ਸੰਤ ਵਡਾਈ ਹਰਿ ਜਸੁ ਚੀਨੀ ॥ ਅਨਦੁ ਸੰਤਨ ਕੈ ਭਗਤਿ ਗੋਵਿੰਦ ॥ ਸੂਖੁ ਸੰਤਨ ਕੈ ਬਿਨਸੀ ਚਿੰਦ ॥੨॥ ਜਹ ਸਾਧ ਸੰਤਨ ਹੋਵਹਿ ਇਕਤ੍ਰ ॥ ਤਹ ਹਰਿ ਜਸੁ ਗਾਵਹਿ ਨਾਦ ਕਵਿਤ ॥ ਸਾਧ ਸਭਾ ਮਹਿ ਅਨਦ ਬਿਸ੍ਰਾਮ ॥ ਉਨ ਸੰਗੁ ਸੋ ਪਾਏ ਜਿਸੁ ਮਸਤਕਿ ਕਰਾਮ ॥੩॥ ਦੁਇ ਕਰ ਜੋੜਿ ਕਰੀ ਅਰਦਾਸਿ ॥ ਚਰਨ ਪਖਾਰਿ ਕਹਾਂ ਗੁਣਤਾਸ ॥ ਪ੍ਰਭ ਦਇਆਲ ਕਿਰਪਾਲ ਹਜੂਰਿ ॥ ਨਾਨਕੁ ਜੀਵੈ ਸੰਤਾ ਧੂਰਿ ॥੪॥੨॥੨੩॥ {ਪੰਨਾ 676}

ਪਦਅਰਥ:- ਮੋਹਿ—ਮੈਨੂੰ । ਮਸਕੀਨ—ਆਜਿਜ਼, ਨਿਮਾਣਾ । ਮੋਹਿ ਮਸਕੀਨ—ਮੈਨੂੰ ਨਿਮਾਣੇ ਨੂੰ । ਅਧਾਰੁ—ਆਸਰਾ । ਖਾਟਣ ਕਉ—ਖੱਟਣ ਵਾਸਤੇ । ਰੋਜਗਾਰੁ—ਰੋਜ਼ੀ ਕਮਾਣ ਲਈ ਕੰਮ । ਸੰਚਣ ਕਉ—ਜਮ੍ਹਾਂ ਕਰਨ ਲਈ । ਹਲਤਿ—{A>} ਇਸ ਲੋਕ ਵਿਚ । ਪਲਤਿ—{pr>} ਪਰਲੋਕ ਵਿਚ । ਤਾ ਕੈ ਕਾਮ—ਉਸ ਮਨੁੱਖ ਦੇ ਕੰਮ । ।੧।

ਨਾਮਿ—ਨਾਮ ਵਿਚ । ਰਤੇ—ਰੰਗੇ ਹੋਏ । ਰੰਗਿ—ਪ੍ਰੇਮ-ਰੰਗ ਵਿਚ । ਅਪਾਰ—ਬੇਅੰਤ । ਸਾਧ—ਸੰਤ ਜਨ । ਗਵਹਿ—ਗਾਂਦੇ ਹਨ ।ਰਹਾਉ।

ਅਤਿ ਮਸਕੀਨੀ—ਬਹੁਤ ਨਿਮ੍ਰਤਾ । ਚੀਨੀ—ਪਛਾਣੀ । ਜਸੁ—ਸਿਫ਼ਤਿ-ਸਾਲਾਹ । ਸੰਤਨ ਕੈ—ਸੰਤਾਂ ਦੇ ਹਿਰਦੇ ਵਿਚ । ਚਿੰਦ—ਚਿੰਤਾ ।੨।

ਜਹ—ਜਿੱਥੇ । ਇਕਤ੍ਰ—ਇਕੱਠੇ । ਨਾਦ—ਸਾਜ (ਵਜਾ ਕੇ) । ਕਵਿਤ—ਕਵਿਤਾ (ਪੜ੍ਹ ਕੇ) । ਬਿਸ੍ਰਾਮ—ਸ਼ਾਂਤੀ । ਉਨ ਸੰਗੁ—ਉਹਨਾਂ ਦੀ ਸੰਗਤਿ । ਮਸਤਕਿ—ਮੱਥੇ ਉਤੇ । ਕਰਾਮ—ਕਰਮ, ਬਖ਼ਸ਼ਸ਼ ।੩।

ਦੁਇ ਕਰ—ਦੋਵੇਂ ਹੱਥ {ਬਹੁ-ਵਚਨ} । ਕਰੀ—ਕਰੀਂ, ਮੈਂ ਕਰਦਾ ਹਾਂ । ਪਖਾਰਿ—ਧੋ ਕੇ । ਗੁਣਤਾਸ—ਗੁਣਾਂ ਦਾ ਖ਼ਜ਼ਾਨਾ ਪ੍ਰਭੂ । ਜੀਵੈ—ਆਤਮਕ ਜੀਵਨ ਪ੍ਰਾਪਤ ਕਰਦਾ ਹੈ । ਧੂਰਿ—ਚਰਨ-ਧੂੜ ।੪।

ਅਰਥ:- ਹੇ ਭਾਈ! ਸੰਤ ਜਨ ਪਰਮਾਤਮਾ ਦੇ ਨਾਮ ਵਿਚ ਮਸਤ ਹੋ ਕੇ, ਬੇਅੰਤ ਪ੍ਰਭੂ ਦੇ ਪ੍ਰੇਮ ਵਿਚ ਜੁੜ ਕੇ, ਇੱਕ ਨਿਰੰਕਾਰ ਦੇ ਗੁਣ ਗਾਂਦੇ ਰਹਿੰਦੇ ਹਨ ।ਰਹਾਉ।

ਹੇ ਭਾਈ! ਮੈਨੂੰ ਆਜਿਜ਼ ਨੂੰ ਪਰਮਾਤਮਾ ਦਾ ਨਾਮ (ਹੀ) ਆਸਰਾ ਹੈ, ਮੇਰੇ ਵਾਸਤੇ ਖੱਟਣ ਕਮਾਣ ਲਈ ਪਰਮਾਤਮਾ ਦਾ ਨਾਮ ਹੀ ਰੋਜ਼ੀ ਹੈ । ਮੇਰੇ ਵਾਸਤੇ ਇਕੱਠਾ ਕਰਨ ਲਈ (ਭੀ) ਪਰਮਾਤਮਾ ਦਾ ਨਾਮ ਹੀ ਹੈ । (ਜੇਹੜਾ ਮਨੁੱਖ ਹਰਿ-ਨਾਮ-ਧਨ ਇਕੱਠਾ ਕਰਦਾ ਹੈ) ਇਸ ਲੋਕ ਤੇ ਪਰਲੋਕ ਵਿਚ ਉਸ ਦੇ ਕੰਮ ਆਉਂਦਾ ਹੈ ।੧।

ਹੇ ਭਾਈ! ਬਹੁਤ ਨਿਮ੍ਰਤਾ-ਸੁਭਾਉ ਸੰਤ ਦੀ ਸੋਭਾ (ਦਾ ਮੂਲ) ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਹੀ ਸੰਤ ਦੀ ਵਡਿਆਈ (ਦਾ ਕਾਰਨ) ਹੈ । ਪਰਮਾਤਮਾ ਦੀ ਭਗਤੀ ਸੰਤ ਜਨਾਂ ਦੇ ਹਿਰਦੇ ਵਿਚ ਆਨੰਦ ਪੈਦਾ ਕਰਦੀ ਹੈ । (ਭਗਤੀ ਦੀ ਬਰਕਤਿ ਨਾਲ) ਸੰਤ ਜਨਾਂ ਦੇ ਹਿਰਦੇ ਵਿਚ ਸੁਖ ਬਣਿਆ ਰਹਿੰਦਾ ਹੈ (ਉਹਨਾਂ ਦੇ ਅੰਦਰੋਂ) ਚਿੰਤਾ ਨਾਸ ਹੋ ਜਾਂਦੀ ਹੈ ।੨।

ਹੇ ਭਾਈ! ਸਾਧ ਸੰਤ ਜਿੱਥੇ (ਭੀ) ਇਕੱਠੇ ਹੁੰਦੇ ਹਨ ਉਥੇ ਉਹ ਸਾਜ ਵਰਤ ਕੇ ਬਾਣੀ ਪੜ੍ਹ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ (ਹੀ) ਗਾਂਦੇ ਹਨ । ਹੇ ਭਾਈ! ਸੰਤਾਂ ਦੀ ਸੰਗਤਿ ਵਿਚ ਬੈਠਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ਸ਼ਾਂਤੀ ਹਾਸਲ ਹੁੰਦੀ ਹੈ । ਪਰ, ਉਹਨਾਂ ਦੀ ਸੰਗਤਿ ਉਹੀ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਦੇ ਮੱਥੇ ਉੱਤੇ ਬਖ਼ਸ਼ਸ਼ (ਦਾ ਲੇਖ ਲਿਖਿਆ ਹੋਵੇ) ।੩।

ਹੇ ਭਾਈ! ਮੈਂ ਆਪਣੇ ਦੋਵੇਂ ਹੱਥ ਜੋੜ ਕੇ ਅਰਦਾਸ ਕਰਦਾ ਹਾਂ ਕਿ ਮੈਂ ਸੰਤ ਜਨਾਂ ਦੇ ਚਰਨ ਧੋ ਕੇ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਨਾਮ ਉਚਾਰਦਾ ਰਹਾਂ । ਹੇ ਭਾਈ! ਨਾਨਕ ਉਹਨਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਤੋਂ ਆਤਮਕ ਜੀਵਨ ਪ੍ਰਾਪਤ ਕਰਦਾ ਹੈ ਜੇਹੜੇ ਦਇਆਲ ਕਿਰਪਾਲ ਪ੍ਰਭੂ ਦੀ ਹਜ਼ੂਰੀ ਵਿਚ (ਸਦਾ ਟਿਕੇ ਰਹਿੰਦੇ ਹਨ) ।੪।੨।੨੩।

ਧਨਾਸਰੀ ਮਃ ੫ ॥ ਸੋ ਕਤ ਡਰੈ ਜਿ ਖਸਮੁ ਸਮ੍ਾਰੈ ॥ ਡਰਿ ਡਰਿ ਪਚੇ ਮਨਮੁਖ ਵੇਚਾਰੇ ॥੧॥ ਰਹਾਉ ॥ ਸਿਰ ਊਪਰਿ ਮਾਤ ਪਿਤਾ ਗੁਰਦੇਵ ॥ ਸਫਲ ਮੂਰਤਿ ਜਾ ਕੀ ਨਿਰਮਲ ਸੇਵ ॥ ਏਕੁ ਨਿਰੰਜਨੁ ਜਾ ਕੀ ਰਾਸਿ ॥ ਮਿਲਿ ਸਾਧਸੰਗਤਿ ਹੋਵਤ ਪਰਗਾਸ ॥੧॥ ਜੀਅਨ ਕਾ ਦਾਤਾ ਪੂਰਨ ਸਭ ਠਾਇ ॥ ਕੋਟਿ ਕਲੇਸ ਮਿਟਹਿ ਹਰਿ ਨਾਇ ॥ ਜਨਮ ਮਰਨ ਸਗਲਾ ਦੁਖੁ ਨਾਸੈ ॥ ਗੁਰਮੁਖਿ ਜਾ ਕੈ ਮਨਿ ਤਨਿ ਬਾਸੈ ॥੨॥ ਜਿਸ ਨੋ ਆਪਿ ਲਏ ਲੜਿ ਲਾਇ ॥ ਦਰਗਹ ਮਿਲੈ ਤਿਸੈ ਹੀ ਜਾਇ ॥ ਸੇਈ ਭਗਤ ਜਿ ਸਾਚੇ ਭਾਣੇ ॥ ਜਮਕਾਲ ਤੇ ਭਏ ਨਿਕਾਣੇ ॥੩॥ ਸਾਚਾ ਸਾਹਿਬੁ ਸਚੁ ਦਰਬਾਰੁ ॥ ਕੀਮਤਿ ਕਉਣੁ ਕਹੈ ਬੀਚਾਰੁ ॥ ਘਟਿ ਘਟਿ ਅੰਤਰਿ ਸਗਲ ਅਧਾਰੁ ॥ ਨਾਨਕੁ ਜਾਚੈ ਸੰਤ ਰੇਣਾਰੁ ॥੪॥੩॥੨੪॥ {ਪੰਨਾ 677}

ਪਦਅਰਥ:- ਕਤ—ਕਿੱਥੇ? ਜਿ—ਜੇਹੜਾ । ਸਮ੍ਾਰੈ—ਹਿਰਦੈ ਵਿਚ ਵਸਾਈ ਰੱਖਦਾ ਹੈ । ਡਰਿ—ਡਰ ਕੇ । ਪਚੇ—ਖ਼ੁਆਰ ਹੋਏ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਵੇਚਾਰੇ—ਅਨਾਥ ।੧।ਰਹਾਉ।

ਗੁਰਦੇਵ—ਸਭ ਤੋਂ ਵੱਡਾ ਪ੍ਰਕਾਸ਼-ਰੂਪ ਪ੍ਰਭੂ । ਸਫਲ ਮੂਰਤਿ—ਜਿਸ ਦੇ ਦੀਦਾਰ ਨਾਲ ਸਾਰੇ ਫਲ ਪ੍ਰਾਪਤ ਹੋ ਜਾਂਦੇ ਹਨ । ਜਾ ਕੀ—ਜਿਸ ਪਰਮਾਤਮਾ ਦੀ । ਨਿਰਮਲ—ਪਵਿਤ੍ਰ ਕਰਨ ਵਾਲੀ । ਜਾ ਕੀ ਰਾਸਿ—ਜਿਸ ਮਨੁੱਖ ਦੀ ਪੂੰਜੀ । ਪਰਗਾਸ—ਆਤਮਕ ਜੀਵਨ ਦਾ ਚਾਨਣ ।੧।

ਪੂਰਨ—ਵਿਆਪਕ । ਸਭ ਠਾਇ—ਹਰ ਥਾਂ ਵਿਚ । ਕੋਟਿ—ਕ੍ਰੋੜਾਂ । ਨਾਇ—ਨਾਮ ਦੀ ਰਾਹੀਂ । ਗੁਰਮੁਖਿ—ਗੁਰੂ ਦੀ ਰਾਹੀਂ । ਜਾ ਕੈ ਮਨਿ—ਜਿਸ ਮਨੁੱਖ ਦੇ ਮਨ ਵਿਚ । ਬਾਸੈ—ਵੱਸਦਾ ਹੈ ।੨।

ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ} । ਲੜਿ—ਲੜ ਨਾਲ, ਪੱਲੇ ਨਾਲ । ਜਾਇ—ਥਾਂ । ਜਿ—ਜੇਹੜੇ । ਸਾਚੇ—ਸਦਾ-ਥਿਰ ਪ੍ਰਭੂ ਨੂੰ । ਨਿਕਾਣੇ—ਨਿਡਰ, ਬੇ-ਮੁਥਾਜ ।੩।

ਸਾਚਾ—ਸਦਾ ਕਾਇਮ ਰਹਿਣ ਵਾਲਾ । ਘਟਿ ਘਟਿ—ਹਰੇਕ ਘਟ ਵਿਚ । ਅੰਤਰਿ—(ਸਭਨਾਂ ਦੇ) ਅੰਦਰ । ਅਧਾਰੁ—ਆਸਰਾ । ਜਾਚੈ—ਮੰਗਦਾ ਹੈ । ਰੇਣਾਰੁ—ਚਰਨ-ਧੂੜ ।੪।

ਅਰਥ:- ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਨਿਮਾਣੇ (ਮੌਤ ਆਦਿਕ ਤੋਂ ਡਰ ਕੇ) ਡਰ ਡਰ ਕੇ ਖ਼ੁਆਰ ਹੁੰਦੇ ਰਹਿੰਦੇ ਹਨ, ਪਰ ਜੇਹੜਾ ਮਨੁੱਖ ਖਸਮ-ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ, ਉਹ ਕਿਤੇ ਭੀ ਨਹੀਂ ਡਰਦਾ ।੧।ਰਹਾਉ।

ਹੇ ਭਾਈ! ਜਿਸ ਪਰਮਾਤਮਾ ਦਾ ਦਰਸਨ ਕੀਤਿਆਂ ਸਾਰੇ ਫਲ ਪ੍ਰਾਪਤ ਹੁੰਦੇ ਹਨ ਜਿਸ ਦੀ ਸੇਵਾ-ਭਗਤੀ ਪਵਿਤ੍ਰ ਜੀਵਨ ਵਾਲਾ ਬਣਾ ਦੇਂਦੀ ਹੈ, ਉਸ ਪ੍ਰਕਾਸ਼-ਰੂਪ ਪ੍ਰਭੂ ਨੂੰ ਮਾਤਾ ਪਿਤਾ ਵਾਂਗ ਜੇਹੜਾ ਮਨੁੱਖ ਆਪਣੇ ਸਿਰ ਉਤੇ (ਰਾਖਾ ਸਮਝਦਾ ਹੈ), ਮਾਇਆ ਤੋਂ ਨਿਰਲੇਪ ਪ੍ਰਭੂ ਦਾ ਨਾਮ ਹੀ ਜਿਸ ਮਨੁੱਖ (ਦੇ ਆਤਮਕ ਜੀਵਨ) ਦਾ ਸਰਮਾਇਆ ਬਣ ਜਾਂਦਾ ਹੈ, ਸਾਧ ਸੰਗਤਿ ਵਿਚ ਮਿਲ ਕੇ ਉਸ ਮਨੁੱਖ ਦੇ ਅੰਦਰ ਜੀਵਨ-ਚਾਨਣ ਹੋ ਜਾਂਦਾ ਹੈ ।੧।

ਹੇ ਭਾਈ! ਜੇਹੜਾ ਪਰਮਾਤਮਾ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਜੋ ਹਰ ਥਾਂ ਮੌਜੂਦ ਹੈ, ਜਿਸ ਪ੍ਰਭੂ ਦੇ ਨਾਮ ਵਿਚ ਜੁੜਿਆਂ ਕ੍ਰੋੜਾਂ ਦੁੱਖ-ਕਲੇਸ਼ ਮਿਟ ਜਾਂਦੇ ਹਨ, ਗੁਰੂ ਦੀ ਰਾਹੀਂ ਉਹ ਪ੍ਰਭੂ ਜਿਸ ਮਨੁੱਖ ਦੇ ਮਨ ਵਿਚ ਹਿਰਦੇ ਵਿਚ ਆ ਵੱਸਦਾ ਹੈ, ਉਸ ਦਾ ਜਨਮ ਮਰਨ ਦਾ ਸਾਰਾ ਦੁੱਖ ਨਾਸ ਹੋ ਜਾਂਦਾ ਹੈ ।੨।

ਹੇ ਭਾਈ! ਪਰਮਾਤਮਾ ਜਿਸ ਮਨੁੱਖ ਨੂੰ ਆਪ ਆਪਣੇ ਲੜ ਲਾ ਲੈਂਦਾ ਹੈ, ਉਸੇ ਨੂੰ ਹੀ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਮਿਲਦੀ ਹੈ । ਹੇ ਭਾਈ! ਉਹੀ ਮਨੁੱਖ ਪਰਮਾਤਮਾ ਦੇ ਭਗਤ ਅਖਵਾ ਸਕਦੇ ਹਨ, ਜੇਹੜੇ ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ । ਉਹ ਮਨੁੱਖ ਮੌਤ ਤੋਂ ਨਿਡਰ ਹੋ ਜਾਂਦੇ ਹਨ ।੩।

ਹੇ ਭਾਈ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ ਦਰਬਾਰ (ਭੀ) ਸਦਾ ਕਾਇਮ ਰਹਿਣ ਵਾਲਾ ਹੈ । ਕੋਈ ਮਨੁੱਖ ਉਸ ਦੀ ਕੀਮਤ ਦੀ ਵਿਚਾਰ ਨਹੀਂ ਕਰ ਸਕਦਾ । ਉਹ ਪ੍ਰਭੂ ਹਰੇਕ ਸਰੀਰ ਵਿਚ ਵੱਸਦਾ ਹੈ, (ਸਭ ਜੀਵਾਂ ਦੇ) ਅੰਦਰ ਵੱਸਦਾ ਹੈ, ਸਭ ਜੀਵਾਂ ਦਾ ਆਸਰਾ ਹੈ । ਨਾਨਕ ਉਸ ਪ੍ਰਭੂ ਦੇ ਸੰਤ ਜਨਾਂ ਦੀ ਚਰਨ-ਧੂੜ ਮੰਗਦਾ ਹੈ ।੪।੩।੨੪।

ਨੋਟ:- ਇਸ ਤੋਂ ਅਗਾਂਹ ਫਿਰ ਨਵਾਂ ਸੰਗ੍ਰਹ ਸ਼ੁਰੂ ਹੁੰਦਾ ਹੈ ।

ਧਨਾਸਰੀ ਮਹਲਾ ੫ ੧ੴ ਸਤਿਗੁਰ ਪ੍ਰਸਾਦਿ ॥ ਘਰਿ ਬਾਹਰਿ ਤੇਰਾ ਭਰਵਾਸਾ ਤੂ ਜਨ ਕੈ ਹੈ ਸੰਗਿ ॥ ਕਰਿ ਕਿਰਪਾ ਪ੍ਰੀਤਮ ਪ੍ਰਭ ਅਪੁਨੇ ਨਾਮੁ ਜਪਉ ਹਰਿ ਰੰਗਿ ॥੧॥ ਜਨ ਕਉ ਪ੍ਰਭ ਅਪਨੇ ਕਾ ਤਾਣੁ ॥ ਜੋ ਤੂ ਕਰਹਿ ਕਰਾਵਹਿ ਸੁਆਮੀ ਸਾ ਮਸਲਤਿ ਪਰਵਾਣੁ ॥ ਰਹਾਉ ॥ ਪਤਿ ਪਰਮੇਸਰੁ ਗਤਿ ਨਾਰਾਇਣੁ ਧਨੁ ਗੁਪਾਲ ਗੁਣ ਸਾਖੀ ॥ ਚਰਨ ਸਰਨ ਨਾਨਕ ਦਾਸ ਹਰਿ ਹਰਿ ਸੰਤੀ ਇਹ ਬਿਧਿ ਜਾਤੀ ॥੨॥੧॥੨੫॥ {ਪੰਨਾ 677}

ਪਦਅਰਥ:- ਘਰਿ—ਘਰ ਵਿਚ । ਭਰਵਾਸਾ—ਆਸਰਾ, ਸਹਾਰਾ । ਕੈ ਸੰਗਿ—ਦੇ ਨਾਲ । ਹੈ—ਹੈਂ ਪ੍ਰੀਤਮ ਪ੍ਰਭ—ਹੇ ਪ੍ਰੀਤਮ ਪ੍ਰਭੂ! ਜਪਉ—ਜਪਉਂ, ਮੈਂ ਜਪਾਂ । ਰੰਗਿ—ਪ੍ਰੇਮ ਵਿਚ (ਟਿਕ) ਕੇ ।੧।

ਕਉ—ਨੂੰ । ਤਾਣੁ—ਆਸਰਾ । ਕਰਾਵਹਿ—ਜੀਵਾਂ ਪਾਸੋਂ ਕਰਾਂਦਾ ਹੈਂ । ਸੁਆਮੀ—ਹੇ ਸੁਆਮੀ! ਸਾ—ਉਹ {ਇਸਤ੍ਰੀ ਲਿੰਗ} । ਮਸਲਤਿ—ਸਲਾਹ, ਪ੍ਰੇਰਨਾ । ਪਰਵਾਣੁ—ਕਬੂਲ, ਪਸੰਦ ।ਰਹਾਉ।

ਪਤਿ—ਇੱਜ਼ਤ । ਗਤਿ—ਉੱਚੀ ਆਤਮਕ ਅਵਸਥਾ । ਗੁਪਾਲ ਗੁਣ ਸਾਖੀ—ਗੋਪਾਲ ਦੇ ਗੁਣਾਂ ਦੀਆਂ ਸਾਖੀਆਂ । ਦਾਸ ਹਰਿ—ਹਰੀ ਦੇ ਦਾਸ । ਸੰਤੀ—ਸੰਤੀਂ, ਸੰਤਾਂ ਨੇ । ਇਹ ਬਿਧਿ—ਇਹ ਜੀਵਨ-ਜੁਗਤਿ । ਜਾਤੀ—ਸਮਝੀ ਹੈ ।੨।

ਅਰਥ:- ਹੇ ਭਾਈ! ਪ੍ਰਭੂ ਦੇ ਸੇਵਕ ਨੂੰ ਆਪਣੇ ਪ੍ਰਭੂ ਦਾ ਆਸਰਾ ਹੁੰਦਾ ਹੈ । ਹੇ ਮਾਲਕ-ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ ਜੋ ਕੁਝ ਤੂੰ (ਸੇਵਕ ਪਾਸੋਂ) ਕਰਾਂਦਾ ਹੈਂ, (ਸੇਵਕ ਨੂੰ) ਉਹੀ ਪ੍ਰੇਰਨਾ ਪਸੰਦ ਆਉਂਦੀ ਹੈ ।ਰਹਾਉ।

ਹੇ ਪ੍ਰਭੂ! ਤੇਰੇ ਸੇਵਕ ਨੂੰ ਘਰ ਦੇ ਅੰਦਰ ਭੀ, ਘਰੋਂ ਬਾਹਰ ਭੀ ਤੇਰਾ ਹੀ ਸਹਾਰਾ ਰਹਿੰਦਾ ਹੈ, ਤੂੰ ਆਪਣੇ ਸੇਵਕ ਦੇ (ਸਦਾ) ਨਾਲ ਰਹਿੰਦਾ ਹੈਂ । ਹੇ ਮੇਰੇ ਪ੍ਰੀਤਮ ਪ੍ਰਭੂ! (ਮੇਰੇ ਉਤੇ ਭੀ) ਮੇਹਰ ਕਰ, ਮੈਂ ਤੇਰੇ ਪਿਆਰ ਵਿਚ ਟਿਕ ਕੇ ਤੇਰਾ ਨਾਮ ਜਪਦਾ ਰਹਾਂ ।੧।

ਹੇ ਭਾਈ! (ਪਰਮਾਤਮਾ ਦੇ ਸੇਵਕ ਨੂੰ) ਪਰਮਾਤਮਾ (ਦਾ ਨਾਮ ਹੀ) ਇੱਜ਼ਤ ਹੈ, ਪਰਮਾਤਮਾ (ਦਾ ਨਾਮ ਹੀ) ਉੱਚੀ ਆਤਮਕ ਅਵਸਥਾ ਹੈ, ਪਰਮਾਤਮਾ ਦੇ ਗੁਣਾਂ ਦੀਆਂ ਸਾਖੀਆਂ ਸੇਵਕ ਵਾਸਤੇ ਧਨ-ਪਦਾਰਥ ਹੈ । ਹੇ ਨਾਨਕ! ਪ੍ਰਭੂ ਦੇ ਸੇਵਕ ਪ੍ਰਭੂ ਦੇ ਚਰਨਾਂ ਦੀ ਸਰਨ ਪਏ ਰਹਿੰਦੇ ਹਨ । ਸੰਤ ਜਨਾਂ ਨੇ ਇਸੇ ਨੂੰ (ਸਹੀ) ਜੀਵਨ-ਜੁਗਤਿ ਸਮਝਿਆ ਹੈ ।੨।੧।੨੫।

ਧਨਾਸਰੀ ਮਹਲਾ ੫ ॥ ਸਗਲ ਮਨੋਰਥ ਪ੍ਰਭ ਤੇ ਪਾਏ ਕੰਠਿ ਲਾਇ ਗੁਰਿ ਰਾਖੇ ॥ ਸੰਸਾਰ ਸਾਗਰ ਮਹਿ ਜਲਨਿ ਨ ਦੀਨੇ ਕਿਨੈ ਨ ਦੁਤਰੁ ਭਾਖੇ ॥੧॥ ਜਿਨ ਕੈ ਮਨਿ ਸਾਚਾ ਬਿਸ੍ਵਾਸੁ ॥ ਪੇਖਿ ਪੇਖਿ ਸੁਆਮੀ ਕੀ ਸੋਭਾ ਆਨਦੁ ਸਦਾ ਉਲਾਸੁ ॥ ਰਹਾਉ ॥ ਚਰਨ ਸਰਨਿ ਪੂਰਨ ਪਰਮੇਸੁਰ ਅੰਤਰਜਾਮੀ ਸਾਖਿਓ ॥ ਜਾਨਿ ਬੂਝਿ ਅਪਨਾ ਕੀਓ ਨਾਨਕ ਭਗਤਨ ਕਾ ਅੰਕੁਰੁ ਰਾਖਿਓ ॥੨॥੨॥੨੬॥ {ਪੰਨਾ 677}

ਪਦਅਰਥ:- ਮਨੋਰਥ—ਮੁਰਾਦਾਂ, ਮਨੋ-ਕਾਮਨਾ । ਤੇ—ਤੋਂ, ਪਾਸੋਂ । ਕੰਠਿ—ਗਲ ਨਾਲ । ਗੁਰਿ—ਗੁਰੂ ਨੇ । ਸਾਗਰ—ਸਮੁੰਦਰ । ਕਿਨੈ—(ਉਹਨਾਂ ਵਿਚੋਂ) ਕਿਸੇ ਨੇ ਭੀ । ਦੁਤਰੁ—{d0qr} ਤਰਨਾ ਔਖਾ । ਭਾਖੇ—ਆਖਿਆ ।੧।

ਕੈ ਮਨਿ—ਦੇ ਮਨ ਵਿਚ । ਸਾਚਾ—ਅਟੱਲ । ਬਿਸ੍ਵਾਸੁ—ਸਰਧਾ । ਪੇਖਿ—ਵੇਖ ਕੇ । ਉਲਾਸੁ—ਖ਼ੁਸ਼ੀ, ਚਾਉ

।ਰਹਾਉ।

ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ । ਸਾਖਿਓ—ਪਰਤੱਖ ਵੇਖ ਲਿਆ । ਜਾਨਿ—ਜਾਣ ਕੇ । ਬੂਝਿ—ਸਮਝ ਕੇ । ਅੰਕੁਰੁ—ਨਵੇਂ ਉਗਦੇ ਬੂਟੇ ਦੀ ਕੋਮਲ ਕ੍ਰੂਮਲੀ । ਰਾਖਿਓ—ਬਚਾ ਲਈ ।੨।

ਅਰਥ:- ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ (ਗੁਰੂ ਪਰਮੇਸਰ ਵਾਸਤੇ) ਅਟੱਲ ਸਰਧਾ (ਬਣ ਜਾਂਦੀ) ਹੈ, ਮਾਲਕ-ਪ੍ਰਭੂ ਦੀ ਸੋਭਾ-ਵਡਿਆਈ ਵੇਖ ਵੇਖ ਕੇ ਉਹਨਾਂ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ, ਖ਼ੁਸ਼ੀ ਬਣੀ ਰਹਿੰਦੀ ਹੈ ।ਰਹਾਉ।

ਹੇ ਭਾਈ! ਉਹਨਾਂ ਮਨੁੱਖਾਂ ਨੂੰ ਗੁਰੂ ਨੇ (ਆਪਣੇ) ਗਲ ਨਾਲ ਲਾ ਕੇ (ਸੰਸਾਰ-ਸਮੁੰਦਰ ਤੋਂ) ਬਚਾ ਲਿਆ, ਉਹਨਾਂ ਨੇ ਆਪਣੀਆਂ ਸਾਰੀਆਂ ਮੁਰਾਦਾਂ ਪਰਮਾਤਮਾ ਤੋਂ ਹਾਸਲ ਕਰ ਲਈਆਂ । ਗੁਰੂ ਪਰਮੇਸਰ ਨੇ ਉਹਨਾਂ ਨੂੰ ਸੰਸਾਰ-ਸਮੁੰਦਰ (ਦੇ ਵਿਕਾਰਾਂ ਦੀ ਅੱਗ) ਵਿਚ ਸੜਨ ਨਾਹ ਦਿੱਤਾ ।(ਉਹਨਾਂ ਵਿਚੋਂ) ਕਿਸੇ ਨੇ ਭੀ ਇਹ ਨਾਹ ਆਖਿਆ ਕਿ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਣਾ ਔਖਾ ਹੈ ।੧।

ਹੇ ਭਾਈ! ਉਹਨਾਂ ਮਨੁੱਖਾਂ ਨੇ ਸਰਬ-ਵਿਆਪਕ ਪਰਮਾਤਮਾ ਦੇ ਚਰਨਾਂ ਦੀ ਸਰਨ ਵਿਚ ਰਹਿ ਕੇ ਹਰੇਕ ਦੇ ਦਿਲ ਦੀ ਜਾਣਨ ਵਾਲੇ ਪਰਮਾਤਮਾ ਨੂੰ ਪਰਤੱਖ (ਹਰ ਥਾਂ) ਵੇਖ ਲਿਆ ਹੈ । ਹੇ ਨਾਨਕ! (ਉਹਨਾਂ ਦੇ ਦਿਲ ਦੀ) ਜਾਣ ਕੇ ਸਮਝ ਕੇ ਪਰਮਾਤਮਾ ਨੇ ਉਹਨਾਂ ਨੂੰ ਆਪਣਾ ਬਣਾ ਲਿਆ, (ਤੇ, ਇਸ ਤਰ੍ਹਾਂ ਆਪਣੇ ਉਹਨਾਂ) ਭਗਤਾਂ ਦੇ ਅੰਦਰ ਭਗਤੀ ਦਾ ਫੁਟਦਾ ਕੋਮਲ ਅੰਗੂਰ (ਵਿਕਾਰਾਂ ਦੀ ਅੱਗ ਵਿਚ ਸੜਨ ਤੋਂ) ਪਰਮਾਤਮਾ ਨੇ ਬਚਾ ਲਿਆ ।੨।੨।੨੬।

ਧਨਾਸਰੀ ਮਹਲਾ ੫ ॥ ਜਹ ਜਹ ਪੇਖਉ ਤਹ ਹਜੂਰਿ ਦੂਰਿ ਕਤਹੁ ਨ ਜਾਈ ॥ ਰਵਿ ਰਹਿਆ ਸਰਬਤ੍ਰ ਮੈ ਮਨ ਸਦਾ ਧਿਆਈ ॥੧॥ ਈਤ ਊਤ ਨਹੀ ਬੀਛੁੜੈ ਸੋ ਸੰਗੀ ਗਨੀਐ ॥ ਬਿਨਸਿ ਜਾਇ ਜੋ ਨਿਮਖ ਮਹਿ ਸੋ ਅਲਪ ਸੁਖੁ ਭਨੀਐ ॥ ਰਹਾਉ ॥ ਪ੍ਰਤਿਪਾਲੈ ਅਪਿਆਉ ਦੇਇ ਕਛੁ ਊਨ ਨ ਹੋਈ ॥ ਸਾਸਿ ਸਾਸਿ ਸੰਮਾਲਤਾ ਮੇਰਾ ਪ੍ਰਭੁ ਸੋਈ ॥੨॥ ਅਛਲ ਅਛੇਦ ਅਪਾਰ ਪ੍ਰਭ ਊਚਾ ਜਾ ਕਾ ਰੂਪੁ ॥ ਜਪਿ ਜਪਿ ਕਰਹਿ ਅਨੰਦੁ ਜਨ ਅਚਰਜ ਆਨੂਪੁ ॥੩॥ ਸਾ ਮਤਿ ਦੇਹੁ ਦਇਆਲ ਪ੍ਰਭ ਜਿਤੁ ਤੁਮਹਿ ਅਰਾਧਾ ॥ ਨਾਨਕੁ ਮੰਗੈ ਦਾਨੁ ਪ੍ਰਭ ਰੇਨ ਪਗ ਸਾਧਾ ॥੪॥੩॥੨੭॥ {ਪੰਨਾ 677}

ਪਦਅਰਥ:- ਜਹ ਜਹ—ਜਿੱਥੇ ਜਿੱਥੇ । ਪੇਖਉ—ਪੇਖਉਂ, ਮੈਂ ਦੇਖਦਾ ਹਾਂ । ਤਹ—ਉੱਥੇ । ਹਜੂਰਿ—ਅੰਗ-ਸੰਗ, ਹਾਜ਼ਰ । ਕਤਹੁ ਜਾਈ—ਕਿਸੇ ਭੀ ਥਾਂ ਤੋਂ । ਜਾਈ—ਥਾਂ । ਰਵਿ ਰਹਿਆ—ਵੱਸ ਰਿਹਾ ਹੈ । ਸਰਬਤ੍ਰ ਮੈ—ਸਭਨਾਂ ਵਿਚ । ਮਨ—ਹੇ ਮਨ! ।੧।

ਈਤ—ਇਸ ਲੋਕ ਵਿਚ । ਊਤ—ਪਰਲੋਕ ਵਿਚ । ਬੀਛੜੈ—ਵਿਛੁੜਦਾ । ਸੰਗੀ—ਸਾਥੀ । ਗਨੀਐ—ਸਮਝਣਾ ਚਾਹੀਦਾ ਹੈ । ਨਿਮਖ—ਅੱਖ ਝਮਕਣ ਜਿਤਨਾ ਸਮਾ । ਅਲਪ—ਛੋਟਾ, ਥੋੜਾ, ਹੋਛਾ । ਭਨੀਐ—ਆਖਣਾ ਚਾਹੀਦਾ ਹੈ ।ਰਹਾਉ।

ਅਪਿਆਉ—ਰਸ ਆਦਿਕ ਖ਼ੁਰਾਕ । ਊਨ—ਕਮੀ, ਥੁੜ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ ।੨।

ਅਛਲ—ਜਿਸ ਨੂੰ ਧੋਖਾ ਨਹੀਂ ਦਿੱਤਾ ਜਾ ਸਕਦਾ । ਅਛੇਦ—ਜਿਸ ਨੂੰ ਵਿੰਨ੍ਹਿਆ ਨਾਹ ਜਾ ਸਕੇ । ਜਾ ਕਾ ਰੂਪੁ—ਜਿਸ ਦੀ ਹਸਤੀ । ਜਪਿ—ਜਪ ਕੇ । ਜਨ—ਸੇਵਕ, ਭਗਤ । ਆਨੂਪੁ—ਜਿਸ ਦੇ ਬਰਾਬਰ ਦਾ ਹੋਰ

ਕੋਈ ਨਹੀਂ ।੩।

ਸਾ—ਉਹ {ਇਸਤ੍ਰੀ ਲਿੰਗ} । ਪ੍ਰਭ—ਹੇ ਪ੍ਰਭੂ! ਜਿਤੁ—ਜਿਸ (ਮਤਿ) ਦੀ ਰਾਹੀਂ । ਰੇਨ—ਧੂੜ । ਪਗ—ਪੈਰ ।੪।

ਅਰਥ:- ਹੇ ਭਾਈ! ਉਸ (ਪਰਮਾਤਮਾ) ਨੂੰ ਹੀ (ਅਸਲ) ਸਾਥੀ ਸਮਝਣਾ ਚਾਹੀਦਾ ਹੈ, (ਜੇਹੜਾ ਸਾਥੋਂ) ਇਸ ਲੋਕ ਵਿਚ ਪਰਲੋਕ ਵਿਚ (ਕਿਤੇ ਭੀ) ਵੱਖਰਾ ਨਹੀਂ ਹੁੰਦਾ । ਉਸ ਸੁਖ ਨੂੰ ਹੋਛਾ ਸੁਖ ਆਖਣਾ ਚਾਹੀਦਾ ਹੈ ਜੇਹੜਾ ਅੱਖ ਝਮਕਣ ਦੇ ਸਮੇ ਵਿਚ ਹੀ ਮੁੱਕ ਜਾਂਦਾ ਹੈ ।ਰਹਾਉ।

ਹੇ ਭਾਈ! ਮੈਂ ਜਿੱਥੇ ਜਿੱਥੇ ਵੇਖਦਾ ਹਾਂ ਉੱਥੇ ਉੱਥੇ ਹੀ ਪਰਮਾਤਮਾ ਹਾਜ਼ਰ-ਨਾਜ਼ਰ ਹੈ, ਉਹ ਕਿਸੇ ਥਾਂ ਤੋਂ ਭੀ ਦੂਰ ਨਹੀਂ ਹੈ । ਹੇ (ਮੇਰੇ) ਮਨ! ਤੂੰ ਸਦਾ ਉਸ ਪ੍ਰਭੂ ਨੂੰ ਸਿਮਰਿਆ ਕਰ, ਜੇਹੜਾ ਸਭਨਾਂ ਵਿਚ ਵੱਸ ਰਿਹਾ ਹੈ ।੧।

ਹੇ ਭਾਈ! ਮੇਰਾ ਉਹ ਪ੍ਰਭੂ ਭੋਜਨ ਦੇ ਕੇ (ਸਭ ਨੂੰ) ਪਾਲਦਾ ਹੈ, (ਉਸ ਦੀ ਕਿਰਪਾ ਨਾਲ) ਕਿਸੇ ਚੀਜ਼ ਦੀ ਥੁੜ ਨਹੀਂ ਰਹਿੰਦੀ । ਉਹ ਪ੍ਰਭੂ (ਸਾਡੇ) ਹਰੇਕ ਸਾਹ ਦੇ ਨਾਲ ਨਾਲ ਸਾਡੀ ਸੰਭਾਲ ਕਰਦਾ ਰਹਿੰਦਾ ਹੈ ।੨।

ਹੇ ਭਾਈ! ਜੇਹੜਾ ਪ੍ਰਭੂ ਛਲਿਆ ਨਹੀਂ ਜਾ ਸਕਦਾ, ਨਾਸ ਨਹੀਂ ਕੀਤਾ ਜਾ ਸਕਦਾ, ਜਿਸ ਦੀ ਹਸਤੀ ਸਭ ਤੋਂ ਉੱਚੀ ਹੈ, ਤੇ ਹੈਰਾਨ ਕਰਨ ਵਾਲੀ ਹੈ, ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ, ਉਸ ਦੇ ਭਗਤ ਉਸ ਦਾ ਨਾਮ ਜਪ ਜਪ ਕੇ ਆਤਮਕ ਆਨੰਦ ਮਾਣਦੇ ਰਹਿੰਦੇ ਹਨ ।੩।

ਹੇ ਦਇਆ ਦੇ ਘਰ ਪ੍ਰਭੂ! ਮੈਨੂੰ ਉਹ ਸਮਝ ਬਖ਼ਸ਼ ਜਿਸ ਦੀ ਬਰਕਤਿ ਨਾਲ ਮੈਂ ਤੈਨੂੰ ਹੀ ਸਿਮਰਦਾ ਰਹਾਂ । ਹੇ ਪ੍ਰਭੂ! ਨਾਨਕ (ਤੇਰੇ ਪਾਸੋਂ) ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ ।੪।੩।੨੭।

ਧਨਾਸਰੀ ਮਹਲਾ ੫ ॥ ਜਿਨਿ ਤੁਮ ਭੇਜੇ ਤਿਨਹਿ ਬੁਲਾਏ ਸੁਖ ਸਹਜ ਸੇਤੀ ਘਰਿ ਆਉ ॥ ਅਨਦ ਮੰਗਲ ਗੁਨ ਗਾਉ ਸਹਜ ਧੁਨਿ ਨਿਹਚਲ ਰਾਜੁ ਕਮਾਉ ॥੧॥ ਤੁਮ ਘਰਿ ਆਵਹੁ ਮੇਰੇ ਮੀਤ ॥ ਤੁਮਰੇ ਦੋਖੀ ਹਰਿ ਆਪਿ ਨਿਵਾਰੇ ਅਪਦਾ ਭਈ ਬਿਤੀਤ ॥ ਰਹਾਉ ॥ ਪ੍ਰਗਟ ਕੀਨੇ ਪ੍ਰਭ ਕਰਨੇਹਾਰੇ ਨਾਸਨ ਭਾਜਨ ਥਾਕੇ ॥ ਘਰਿ ਮੰਗਲ ਵਾਜਹਿ ਨਿਤ ਵਾਜੇ ਅਪੁਨੈ ਖਸਮਿ ਨਿਵਾਜੇ ॥੨॥ ਅਸਥਿਰ ਰਹਹੁ ਡੋਲਹੁ ਮਤ ਕਬਹੂ ਗੁਰ ਕੈ ਬਚਨਿ ਅਧਾਰਿ ॥ ਜੈ ਜੈ ਕਾਰੁ ਸਗਲ ਭੂ ਮੰਡਲ ਮੁਖ ਊਜਲ ਦਰਬਾਰ ॥੩॥ ਜਿਨ ਕੇ ਜੀਅ ਤਿਨੈ ਹੀ ਫੇਰੇ ਆਪੇ ਭਇਆ ਸਹਾਈ ॥ ਅਚਰਜੁ ਕੀਆ ਕਰਨੈਹਾਰੈ ਨਾਨਕ ਸਚੁ ਵਡਿਆਈ ॥੪॥੪॥੨੮॥ {ਪੰਨਾ 678}

ਪਦਅਰਥ:- ਜਿਨਿ—ਜਿਸ (ਪਰਮਾਤਮਾ) ਨੇ । ਤੁਮ—ਤੈਨੂੰ (ਹੇ ਜਿੰਦੇ!) ਤਿਨਹਿ—ਉਸ ਨੇ ਹੀ । ਬੁਲਾਏ—(ਆਪਣੇ ਵਲ) ਪ੍ਰੇਰਨਾ ਕੀਤੀ ਹੈ । ਸਹਜ ਸੇਤੀ—ਆਤਮਕ ਅਡੋਲਤਾ ਨਾਲ । ਘਰਿ—ਘਰ ਵਿਚ, ਹਿਰਦੇ ਵਿਚ, ਸ੍ਵੈ-ਸਰੂਪ ਵਿਚ । ਆਉ—ਆ, ਟਿਕਿਆ ਰਹੁ । ਮੰਗਲ—ਖ਼ੁਸ਼ੀ । ਧੁਨਿ—ਰੌ । ਨਿਹਚਲ ਰਾਜੁ—ਅਟੱਲ ਹੁਕਮ ।੧।

ਮੇਰੇ ਮੀਤ—ਹੇ ਮੇਰੇ ਮਿੱਤਰ ਮਨ! ਦੋਖੀ—(ਕਾਮਾਦਿਕ) ਵੈਰੀ । ਨਿਵਾਰੇ—ਦੂਰ ਕਰ ਦਿੱਤੇ ਹਨ । ਅਪਦਾ—ਮੁਸੀਬਤ ।ਰਹਾਉ।

ਕਰਨੇਹਾਰੇ—ਸਭ ਕੁਝ ਕਰ ਸਕਣ ਵਾਲੇ ਨੇ । ਨਾਸਨ ਭਾਜਨ—ਭਟਕਣਾ । ਘਰਿ—ਹਿਰਦੇ ਵਿਚ ।

ਵਾਜਹਿ—ਵੱਜਦੇ ਹਨ । ਖਸਮਿ—ਖਸਮ ਨੇ । ਨਿਵਾਜੇ—ਆਦਰ-ਮਾਣ ਦਿੱਤਾ ।੨।

ਕਬਹੂ—ਕਦੇ ਭੀ । ਕੈ ਬਚਨਿ—ਦੇ ਬਚਨ ਵਿਚ । ਕੈ ਅਧਾਰਿ—ਦੇ ਆਸਰੇ ਵਿਚ । ਜੈ ਜੈ ਕਾਰੁ—ਸੋਭਾ । ਭੂ ਮੰਡਲ—ਸ੍ਰਿਸ਼ਟੀ । ਊਜਲ—ਰੌਸ਼ਨ ।੩।

ਜਿਸ ਕੇ—ਜਿਸ ਪ੍ਰਭੂ ਜੀ ਦੇ {ਲਫ਼ਜ਼ 'ਜਿਨ' ਬਹੁ-ਵਚਨ ਹੈ, ਆਦਰ-ਸਤਕਾਰ ਲਈ ਵਰਤਿਆ ਹੈ । ਜਿਵੇਂ, "ਪ੍ਰਭ ਜੀ ਬਸਹਿ ਸਾਧ ਕੀ ਰਸਨਾ"} । ਜੀਅ—{ਲਫ਼ਜ਼ 'ਜੀਵ' ਤੋਂ ਬਹੁ-ਵਚਨ} ਸਾਰੇ ਜੀਵ । ਫੇਰੇ—ਮੋੜੇ । ਸਹਾਈ—ਮਦਦਗਾਰ । ਅਚਰਜੁ—ਅਨੋਖਾ ਖੇਲ । ਸਚੁ—ਸਦਾ-ਥਿਰ ।੪।

ਅਰਥ:- ਮੇਰੇ ਮਿੱਤਰ (ਮਨ)! (ਹੁਣ) ਤੂੰ ਹਿਰਦੇ-ਘਰ ਵਿਚ ਟਿਕਿਆ ਰਹੁ (ਆ ਜਾ) । ਪਰਮਾਤਮਾ ਨੇ ਆਪ ਹੀ (ਕਾਮਾਦਿਕ) ਤੇਰੇ ਵੈਰੀ ਦੂਰ ਕਰ ਦਿੱਤੇ ਹਨ, (ਕਾਮਾਦਿਕਾਂ ਤੋਂ ਪੈ ਰਹੀ ਮਾਰ ਦੀ) ਬਿਪਤਾ (ਹੁਣ) ਮੁੱਕ ਗਈ ਹੈ ।ਰਹਾਉ।

(ਹੇ ਮੇਰੀ ਜਿੰਦੇ!) ਜਿਸ ਨੇ ਤੈਨੂੰ (ਸੰਸਾਰ ਵਿਚ) ਭੇਜਿਆ ਹੈ, ਉਸੇ ਨੇ ਤੈਨੂੰ ਆਪਣੇ ਵਲ ਪ੍ਰੇਰਨਾ ਸ਼ੁਰੂ ਕੀਤੀ ਹੋਈ ਹੈ, ਤੂੰ ਆਨੰਦ ਨਾਲ ਆਤਮਕ ਅਡੋਲਤਾ ਨਾਲ ਹਿਰਦੇ-ਘਰ ਵਿਚ ਟਿਕੀ ਰਹੁ । ਹੇ ਜਿੰਦੇ! ਆਤਮਕ ਅਡੋਲਤਾ ਦੀ ਰੌਂ ਵਿਚ, ਆਨੰਦ ਖ਼ੁਸ਼ੀ ਪੈਦਾ ਕਰਨ ਵਾਲੇ ਹਰਿ-ਗੁਣ ਗਾਇਆ ਕਰ (ਇਸ ਤਰ੍ਹਾਂ ਕਾਮਾਦਿਕ ਵੈਰੀਆਂ ਉਤੇ) ਅਟੱਲ ਰਾਜ ਕਰ ।੧।

(ਹੇ ਮੇਰੀ ਜਿੰਦੇ!) ਸਭ ਕੁਝ ਕਰ ਸਕਣ ਵਾਲੇ ਖਸਮ-ਪ੍ਰਭੂ ਨੇ ਜਿਨ੍ਹਾਂ ਉਤੇ ਮੇਹਰ ਕੀਤੀ, ਉਹਨਾਂ ਦੇ ਅੰਦਰ ਉਸ ਨੇ ਆਪਣਾ ਆਪ ਪਰਗਟ ਕਰ ਦਿੱਤਾ, ਉਹਨਾਂ ਦੀਆਂ ਭਟਕਣਾਂ ਮੁੱਕ ਗਈਆਂ, ਉਹਨਾਂ ਦੇ ਹਿਰਦੇ-ਘਰ ਵਿਚ ਆਤਮਕ ਆਨੰਦ ਦੇ (ਮਾਨੋ) ਵਾਜੇ ਸਦਾ ਵੱਜਣ ਲੱਗ ਪੈਂਦੇ ਹਨ ।੨।

(ਹੇ ਜਿੰਦੇ!) ਗੁਰੂ ਦੇ ਉਪਦੇਸ਼ ਉਤੇ ਤੁਰ ਕੇ, ਗੁਰੂ ਦੇ ਆਸਰੇ ਰਹਿ ਕੇ, ਤੂੰ ਭੀ (ਕਾਮਾਦਿਕ ਵੈਰੀਆਂ ਦੇ ਟਾਕਰੇ ਤੇ) ਪੱਕੇ ਪੈਰਾਂ ਤੇ ਖਲੋ ਜਾ, ਵੇਖੀਂ, ਹੁਣ ਕਦੇ ਭੀ ਨਾਹ ਡੋਲੀਂ । ਸਾਰੀ ਸ੍ਰਿਸ਼ਟੀ ਵਿਚ ਸੋਭਾ ਹੋਵੇਗੀ, ਪ੍ਰਭੂ ਦੀ ਹਜ਼ੂਰੀ ਵਿਚ ਤੇਰਾ ਮੂੰਹ ਉਜਲਾ ਹੋਵੇਗਾ ।੩।

ਹੇ ਨਾਨਕ! ਜਿਸ ਪ੍ਰਭੂ ਜੀ ਨੇ ਜੀਵ ਪੈਦਾ ਕੀਤੇ ਹੋਏ ਹਨ, ਉਹ ਆਪ ਹੀ ਇਹਨਾਂ ਨੂੰ (ਵਿਕਾਰਾਂ ਵਲੋਂ) ਮੋੜਦਾ ਹੈ, ਉਹ ਆਪ ਹੀ ਮਦਦਗਾਰ ਬਣਦਾ ਹੈ । ਸਭ ਕੁਝ ਕਰ ਸਕਣ ਵਾਲੇ ਪਰਮਾਤਮਾ ਨੇ ਇਹ ਅਨੋਖੀ ਖੇਡ ਬਣਾ ਦਿੱਤੀ ਹੈ, ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ ।੪।੪।੨੮।

ਧਨਾਸਰੀ ਮਹਲਾ ੫ ਘਰੁ ੬ ੴ ਸਤਿਗੁਰ ਪ੍ਰਸਾਦਿ ॥ ਸੁਨਹੁ ਸੰਤ ਪਿਆਰੇ ਬਿਨਉ ਹਮਾਰੇ ਜੀਉ ॥ ਹਰਿ ਬਿਨੁ ਮੁਕਤਿ ਨ ਕਾਹੂ ਜੀਉ ॥ ਰਹਾਉ ॥ ਮਨ ਨਿਰਮਲ ਕਰਮ ਕਰਿ ਤਾਰਨ ਤਰਨ ਹਰਿ ਅਵਰਿ ਜੰਜਾਲ ਤੇਰੈ ਕਾਹੂ ਨ ਕਾਮ ਜੀਉ ॥ ਜੀਵਨ ਦੇਵਾ ਪਾਰਬ੍ਰਹਮ ਸੇਵਾ ਇਹੁ ਉਪਦੇਸੁ ਮੋ ਕਉ ਗੁਰਿ ਦੀਨਾ ਜੀਉ ॥੧॥ ਤਿਸੁ ਸਿਉ ਨ ਲਾਈਐ ਹੀਤੁ ਜਾ ਕੋ ਕਿਛੁ ਨਾਹੀ ਬੀਤੁ ਅੰਤ ਕੀ ਬਾਰ ਓਹੁ ਸੰਗਿ ਨ ਚਾਲੈ ॥ ਮਨਿ ਤਨਿ ਤੂ ਆਰਾਧ ਹਰਿ ਕੇ ਪ੍ਰੀਤਮ ਸਾਧ ਜਾ ਕੈ ਸੰਗਿ ਤੇਰੇ ਬੰਧਨ ਛੂਟੈ ॥੨॥ ਗਹੁ ਪਾਰਬ੍ਰਹਮ ਸਰਨ ਹਿਰਦੈ ਕਮਲ ਚਰਨ ਅਵਰ ਆਸ ਕਛੁ ਪਟਲੁ ਨ ਕੀਜੈ ॥ ਸੋਈ ਭਗਤੁ ਗਿਆਨੀ ਧਿਆਨੀ ਤਪਾ ਸੋਈ ਨਾਨਕ ਜਾ ਕਉ ਕਿਰਪਾ ਕੀਜੈ ॥੩॥੧॥੨੯॥ {ਪੰਨਾ 678}

ਪਦਅਰਥ:- ਸੰਤ ਪਿਆਰੇ—ਹੇ ਪਿਆਰੇ ਸੰਤ ਜਨੋ! ਬਿਨਉ—{ivnX} ਬੇਨਤੀ । ਮੁਕਤਿ—(ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ । ਕਾਹੂ—ਕਿਸੇ ਦੀ ਭੀ ।ਰਹਾਉ।

ਮਨ—ਹੇ ਮਨ! ਤਰਨ—ਜਹਾਜ਼ । ਅਵਰਿ—{ਲਫ਼ਜ਼ 'ਅਵਰ' ਤੋਂ ਬਹੁ-ਵਚਨ} । ਦੇਵਾ—ਪ੍ਰਕਾਸ਼-ਰੂਪ । ਸੇਵਾ—ਭਗਤੀ । ਮੋ ਕਉ—ਮੈਨੂੰ । ਗੁਰਿ—ਗੁਰੂ ਨੇ ।੧।

ਸਿਉ—ਨਾਲ । ਹੀਤੁ—ਹਿਤ, ਪਿਆਰ । ਜਾ ਕੋ ਬੀਤੁ—ਜਿਸ ਦਾ ਵਿਤ, ਜਿਸ ਦੀ ਪਾਂਇਆਂ । ਬਾਰ—ਵੇਲਾ । ਸੰਗਿ—ਨਾਲ । ਮਨਿ—ਮਨ ਵਿਚ । ਤਨਿ—ਤਨ ਵਿਚ, ਹਿਰਦੇ ਵਿਚ । ਸਾਧ—ਸੰਤ ਜਨ । ਜਾ ਕੈ ਸੰਗਿ—ਜਿਨ੍ਹਾਂ ਦੀ ਸੰਗਤਿ ਵਿਚ । ਛੂਟੈ—ਛੂਟੈਂ, ਮੁੱਕ ਸਕਦੇ ਹਨ ।੨।

ਗਹੁ—ਫੜ । ਹਿਰਦੈ—ਹਿਰਦੇ ਵਿਚ (ਵਸਾ) । ਕਮਲ ਚਰਨ—ਕੌਲ-ਫੁੱਲ ਵਰਗੇ ਕੋਮਲ ਚਰਨ । ਪਟਲੁ—ਪਰਦਾ, ਉਹਲਾ, ਆਸਰਾ । ਕੀਜੈ—ਕਰਨਾ ਚਾਹੀਦਾ । ਗਿਆਨੀ—ਆਤਮਕ ਜੀਵਨ ਦੀ ਸੂਝ ਵਾਲਾ । ਧਿਆਨੀ—ਪ੍ਰਭੂ-ਚਰਨਾਂ ਵਿਚ ਸੁਰਤਿ ਜੋੜੀ ਰੱਖਣ ਵਾਲਾ । ਤਪਾ—ਤਪ ਕਰਨ ਵਾਲਾ ।੩।

ਅਰਥ:- ਹੇ ਪਿਆਰੇ ਸੰਤ ਜਨੋ! ਮੇਰੀ ਬੇਨਤੀ ਸੁਣੋ, ਪਰਮਾਤਮਾ (ਦੇ ਸਿਮਰਨ) ਤੋਂ ਬਿਨਾ (ਮਾਇਆ ਦੇ ਬੰਧਨਾਂ ਤੋਂ) ਕਿਸੇ ਦੀ ਭੀ ਖ਼ਲਾਸੀ ਨਹੀਂ ਹੁੰਦੀ ।ਰਹਾਉ।

ਹੇ ਮਨ! (ਜੀਵਨ ਨੂੰ) ਪਵਿਤ੍ਰ ਕਰਨ ਵਾਲੇ (ਹਰਿ-ਸਿਮਰਨ ਦੇ) ਕੰਮ ਕਰਿਆ ਕਰ, ਪਰਮਾਤਮਾ (ਦਾ ਨਾਮ ਹੀ ਸੰਸਾਰ-ਸਮੁੰਦਰ ਤੋਂ) ਪਾਰ ਲੰਘਣ ਲਈ ਜਹਾਜ਼ ਹੈ । (ਦੁਨੀਆ ਦੇ) ਹੋਰ ਸਾਰੇ ਜੰਜਾਲ ਤੇਰੇ ਕਿਸੇ ਭੀ ਕੰਮ ਨਹੀਂ ਆਉਣਗੇ । ਪ੍ਰਕਾਸ਼-ਰੂਪ ਪਰਮਾਤਮਾ ਦੀ ਸੇਵਾ-ਭਗਤੀ ਹੀ (ਅਸਲ) ਜੀਵਨ ਹੈ—ਇਹ ਸਿੱਖਿਆ ਮੈਨੂੰ ਗੁਰੂ ਨੇ ਦਿੱਤੀ ਹੈ ।੧।

ਹੇ ਭਾਈ! ਉਸ (ਧਨ-ਪਦਾਰਥ) ਨਾਲ ਪਿਆਰ ਨਹੀਂ ਪਾਣਾ ਚਾਹੀਦਾ, ਜਿਸ ਦੀ ਕੋਈ ਪਾਂਇਆਂ ਹੀ ਨਹੀਂ । ਉਹ (ਧਨ-ਪਦਾਰਥ) ਅਖ਼ੀਰ ਵੇਲੇ ਨਾਲ ਨਹੀਂ ਜਾਂਦਾ । ਆਪਣੇ ਮਨ ਵਿਚ ਹਿਰਦੇ ਵਿਚ ਤੂੰ ਪਰਮਾਤਮਾ ਦਾ ਨਾਮ ਸਿਮਰਿਆ ਕਰ । ਪਰਮਾਤਮਾ ਨਾਲ ਪਿਆਰ ਕਰਨ ਵਾਲੇ ਸੰਤ ਜਨਾਂ (ਦੀ ਸੰਗਤਿ ਕਰਿਆ ਕਰ), ਕਿਉਂਕਿ ਉਹਨਾਂ (ਸੰਤ ਜਨਾਂ ਦੀ) ਸੰਗਤਿ ਵਿਚ ਤੇਰੇ (ਮਾਇਆ ਦੇ) ਬੰਧਨ ਮੁੱਕ ਸਕਦੇ ਹਨ ।੨।

ਹੇ ਭਾਈ! ਪਰਮਾਤਮਾ ਦਾ ਆਸਰਾ ਫੜ, (ਆਪਣੇ) ਹਿਰਦੇ ਵਿਚ (ਪਰਮਾਤਮਾ ਦੇ) ਕੋਮਲ ਚਰਨ (ਵਸਾ) (ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਦੀ ਆਸ ਨਹੀਂ ਕਰਨੀ ਚਾਹੀਦੀ, ਕੋਈ ਹੋਰ ਆਸਰਾ ਨਹੀਂ ਢੂੰਢਣਾ ਚਾਹੀਦਾ । ਹੇ ਨਾਨਕ! ਉਹੀ ਮਨੁੱਖ ਭਗਤ ਹੈ, ਉਹੀ ਗਿਆਨਵਾਨ ਹੈ, ਉਹੀ ਸੁਰਤਿ-ਅਭਿਆਸੀ ਹੈ, ਉਹੀ ਤਪਸ੍ਵੀ ਹੈ, ਜਿਸ ਉਤੇ ਪਰਮਾਤਮਾ ਕਿਰਪਾ ਕਰਦਾ ਹੈ ।੩।੧।੨੯।

ਧਨਾਸਰੀ ਮਹਲਾ ੫ ॥ ਮੇਰੇ ਲਾਲ ਭਲੋ ਰੇ ਭਲੋ ਰੇ ਭਲੋ ਹਰਿ ਮੰਗਨਾ ॥ ਦੇਖਹੁ ਪਸਾਰਿ ਨੈਨ ਸੁਨਹੁ ਸਾਧੂ ਕੇ ਬੈਨ ਪ੍ਰਾਨਪਤਿ ਚਿਤਿ ਰਾਖੁ ਸਗਲ ਹੈ ਮਰਨਾ ॥ ਰਹਾਉ ॥ ਚੰਦਨ ਚੋਆ ਰਸ ਭੋਗ ਕਰਤ ਅਨੇਕੈ ਬਿਖਿਆ ਬਿਕਾਰ ਦੇਖੁ ਸਗਲ ਹੈ ਫੀਕੇ ਏਕੈ ਗੋਬਿਦ ਕੋ ਨਾਮੁ ਨੀਕੋ ਕਹਤ ਹੈ ਸਾਧ ਜਨ ॥ ਤਨੁ ਧਨੁ ਆਪਨ ਥਾਪਿਓ ਹਰਿ ਜਪੁ ਨ ਨਿਮਖ ਜਾਪਿਓ ਅਰਥੁ ਦ੍ਰਬੁ ਦੇਖੁ ਕਛੁ ਸੰਗਿ ਨਾਹੀ ਚਲਨਾ ॥੧॥ ਜਾ ਕੋ ਰੇ ਕਰਮੁ ਭਲਾ ਤਿਨਿ ਓਟ ਗਹੀ ਸੰਤ ਪਲਾ ਤਿਨ ਨਾਹੀ ਰੇ ਜਮੁ ਸੰਤਾਵੈ ਸਾਧੂ

ਕੀ ਸੰਗਨਾ ॥ ਪਾਇਓ ਰੇ ਪਰਮ ਨਿਧਾਨੁ ਮਿਟਿਓ ਹੈ ਅਭਿਮਾਨੁ ਏਕੈ ਨਿਰੰਕਾਰ ਨਾਨਕ ਮਨੁ ਲਗਨਾ ॥੨॥੨॥੩੦॥ {ਪੰਨਾ 678}

ਪਦਅਰਥ:- ਲਾਲ—ਹੇ ਲਾਲ! ਹੇ ਪਿਆਰੇ! ਭਲੋ—ਚੰਗਾ । ਰੇ—ਹੇ ਭਾਈ! ਪਸਾਰਿ ਨੈਨ—ਅੱਖਾਂ ਖੋਲ੍ਹ ਕੇ । ਸਾਧੂ—ਗੁਰੂ । ਬੈਨ—ਬਚਨ । ਪ੍ਰਾਨਪਤਿ—ਜਿੰਦ ਦਾ ਮਾਲਕ । ਚਿਤਿ—ਚਿੱਤ ਵਿਚ । ਸਗਲ—ਸਭਨਾਂ ।ਰਹਾਉ।

ਚੋਆ—ਅਤਰ । ਬਿਖਿਆ—ਮਾਇਆ । ਹੈ—ਹੈਂ । ਫੀਕੇ—ਬੇ-ਸੁਆਦ । ਕੋ—ਦਾ । ਨੀਕੋ—ਚੰਗਾ, ਸੋਹਣਾ । ਆਪਨ ਥਾਪਿਆ—(ਤੂੰ) ਆਪਣਾ ਮਿਥ ਲਿਆ ਹੈ । ਨਿਮਖ—ਅੱਖ ਝਮਕਣ ਜਿਤਨਾ ਸਮਾ {inm–} । ਅਰਥੁ—ਧਨ । ਦ੍ਰਬੁ—{d0X} ਧਨ । ਸੰਗਿ—ਨਾਲ ।੧।

ਜਾ ਕੋ ਭਲਾ ਕਰਮੁ—ਜਿਸ ਦੀ ਚੰਗੀ ਕਿਸਮਤ । ਤਿਨਿ—ਉਸ (ਮਨੁੱਖ) ਨੇ । ਓਟ—ਆਸਰਾ । ਗਹੀ—ਫੜੀ, ਲਈ । ਪਲਾ—ਪੱਲਾ, ਲੜ । ਤਿਨ—ਉਹਨਾਂ ਨੂੰ {ਬਹੁ-ਵਚਨ} । ਨਿਧਾਨੁ—ਖ਼ਜ਼ਾਨਾ । ਏਕੈ ਨਿਰੰਕਾਰ—ਇਕ ਨਿਰੰਕਾਰ ਵਿਚ ।੨।

ਅਰਥ:- ਹੇ ਮੇਰੇ ਪਿਆਰੇ! ਹੇ ਭਾਈ! (ਪਰਮਾਤਮਾ ਦੇ ਦਰ ਤੋਂ) ਪਰਮਾਤਮਾ (ਦਾ ਨਾਮ) ਮੰਗਣਾ ਸਭ ਤੋਂ ਚੰਗਾ ਕੰਮ ਹੈ । ਹੇ ਸੱਜਣ! ਗੁਰੂ ਦੀ ਬਾਣੀ (ਸਦਾ) ਸੁਣਦੇ ਰਹੋ, ਜਿੰਦ ਦੇ ਮਾਲਕ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖੋ । ਅੱਖਾਂ ਖੋਲ੍ਹ ਕੇ ਵੇਖੋ, (ਆਖ਼ਰ) ਸਭ ਨੇ ਮਰਨਾ ਹੈ ।ਰਹਾਉ।

ਹੇ ਸੱਜਣ! ਤੂੰ ਚੰਦਨ ਅਤਰ (ਵਰਤਦਾ ਹੈਂ) ਅਤੇ ਅਨੇਕਾਂ ਹੀ ਸੁਆਦਲੇ ਖਾਣੇ ਖਾਂਦਾ ਹੈਂ । ਪਰ, ਵੇਖ, ਇਹ ਵਿਕਾਰ ਪੈਦਾ ਕਰਨ ਵਾਲੇ ਮਾਇਆ ਦੇ ਸਾਰੇ ਭੋਗ ਫਿੱਕੇ ਹਨ । ਸੰਤ ਜਨ ਆਖਦੇ ਹਨ ਕਿ ਸਿਰਫ਼ ਪਰਮਾਤਮਾ ਦਾ ਨਾਮ ਹੀ ਚੰਗਾ ਹੈ । ਤੂੰ ਇਸ ਸਰੀਰ ਨੂੰ ਇਸ ਧਨ ਨੂੰ ਆਪਣਾ ਸਮਝ ਰਿਹਾ ਹੈਂ, (ਇਹਨਾਂ ਦੇ ਮੋਹ ਵਿਚ ਫਸ ਕੇ) ਪਰਮਾਤਮਾ ਦਾ ਨਾਮ ਤੂੰ ਇਕ ਛਿਨ ਭਰ ਭੀ ਨਹੀਂ ਜਪਦਾ । ਵੇਖ, ਇਹ ਧਨ-ਪਦਾਰਥ ਕੁਝ ਭੀ (ਤੇਰੇ) ਨਾਲ ਨਹੀਂ ਜਾਵੇਗਾ ।

ਹੇ ਭਾਈ! ਜਿਸ ਮਨੁੱਖ ਦੀ ਚੰਗੀ ਕਿਸਮਤ ਹੋਈ, ਉਸ ਨੇ ਸੰਤਾਂ ਦਾ ਆਸਰਾ ਲਿਆ, ਉਸ ਨੇ ਸੰਤਾਂ ਦਾ ਪੱਲਾ ਫੜਿਆ । ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸੰਗਤਿ ਵਿਚ ਰਹਿੰਦੇ ਹਨ, ਉਹਨਾਂ ਨੂੰ ਮੌਤ ਦਾ ਡਰ ਸਤਾ ਨਹੀਂ ਸਕਦਾ ।

ਹੇ ਨਾਨਕ! ਜਿਸ ਮਨੁੱਖ ਦਾ ਮਨ ਸਿਰਫ਼ ਪਰਮਾਤਮਾ ਵਿਚ ਜੁੜਿਆ ਰਹਿੰਦਾ ਹੈ ਉਸ ਨੇ ਸਭ ਤੋਂ ਵਧੀਆ ਖ਼ਜ਼ਾਨਾ ਲੱਭ ਲਿਆ ਉਸ ਦੇ ਅੰਦਰੋਂ ਅਹੰਕਾਰ ਮਿਟ ਗਿਆ ।੨।੨।੩੦।

ਧਨਾਸਰੀ ਮਹਲਾ ੫ ਘਰੁ ੭ ੴ ਸਤਿਗੁਰ ਪ੍ਰਸਾਦਿ ॥ ਹਰਿ ਏਕੁ ਸਿਮਰਿ ਏਕੁ ਸਿਮਰਿ ਏਕੁ ਸਿਮਰਿ ਪਿਆਰੇ ॥ ਕਲਿ ਕਲੇਸ ਲੋਭ ਮੋਹ ਮਹਾ ਭਉਜਲੁ ਤਾਰੇ ॥ ਰਹਾਉ ॥ ਸਾਸਿ ਸਾਸਿ ਨਿਮਖ ਨਿਮਖ ਦਿਨਸੁ ਰੈਨਿ ਚਿਤਾਰੇ ॥ ਸਾਧਸੰਗ ਜਪਿ ਨਿਸੰਗ ਮਨਿ ਨਿਧਾਨੁ ਧਾਰੇ ॥੧॥ ਚਰਨ ਕਮਲ ਨਮਸਕਾਰ ਗੁਨ ਗੋਬਿਦ ਬੀਚਾਰੇ ॥ ਸਾਧ ਜਨਾ ਕੀ ਰੇਨ ਨਾਨਕ ਮੰਗਲ ਸੂਖ ਸਧਾਰੇ ॥੨॥੧॥੩੧॥ {ਪੰਨਾ 679}

ਪਦਅਰਥ:- ਪਿਆਰੇ—ਹੇ ਪਿਆਰੇ! ਕਲਿ ਕਲੇਸ—ਸੰਸਾਰਕ ਝਗੜੇ । ਮਹਾ—ਵੱਡੇ (ਭਿਆਨਕ) ।

ਭਉਜਲੁ—ਸੰਸਾਰ-ਸਮੁੰਦਰ । ਤਾਰੇ—ਪਾਰ ਲੰਘਾ ਦੇਂਦਾ ਹੈ ।ਰਹਾਉ।

ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਨਿਮਖ—ਅੱਖ ਝਮਕਣ ਜਿਤਨਾ ਸਮਾ {inm–} । ਰੈਨਿ—ਰਾਤ । ਚਿਤਾਰੇ—ਚਿਤਾਰਿ, ਚੇਤੇ ਰੱਖ । ਸਾਧ ਸੰਗ—ਸਾਧ ਸੰਗਤਿ ਵਿਚ । ਨਿਸੰਗ—ਝਾਕਾ ਲਾਹ ਕੇ । ਮਨਿ—ਮਨ ਵਿਚ । ਨਿਧਾਨੁ—ਖ਼ਜ਼ਾਨਾ । ਧਾਰੇ—ਧਾਰਿ, ਟਿਕਾ ਲੈ ।੧।

ਬੀਚਾਰੇ—ਬੀਚਾਰਿ; ਸੋਚ-ਮੰਡਲ ਵਿਚ ਵਸਾ ਲੈ । ਰੇਨ—ਚਰਨ-ਧੂੜ । ਮੰਗਲ—ਖ਼ੁਸ਼ੀ । ਸਧਾਰੇ—ਦੇਂਦੀ ਹੈ ।੨।

ਅਰਥ:- ਹੇ ਪਿਆਰੇ! ਸਦਾ ਹੀ ਪਰਮਾਤਮਾ ਦਾ ਨਾਮ ਸਿਮਰਿਆ ਕਰ । (ਇਹ ਸਿਮਰਨ) ਇਸ ਵੱਡੇ ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ਜਿਸ ਵਿਚ ਬੇਅੰਤ ਸੰਸਾਰਕ ਝਗੜੇ ਹਨ, ਜਿਸ ਵਿਚ ਲੋਭ ਮੋਹ (ਦੀਆਂ ਲਹਿਰਾਂ ਉਠ ਰਹੀਆਂ) ਹਨ ।ਰਹਾਉ।

ਹੇ ਭਾਈ! ਦਿਨ ਰਾਤ ਛਿਨ ਛਿਨ ਹਰੇਕ ਸਾਹ ਦੇ ਨਾਲ (ਪਰਮਾਤਮਾ ਦਾ ਨਾਮ ਚੇਤੇ ਕਰਦਾ ਰਹੁ । ਸਾਧ ਸੰਗਤਿ ਵਿਚ (ਬੈਠ ਕੇ) ਝਾਕਾ ਲਾਹ ਕੇ ਪਰਮਾਤਮਾ ਦਾ ਨਾਮ ਜਪਿਆ ਕਰ । ਇਹ ਨਾਮ-ਖ਼ਜ਼ਾਨਾ ਆਪਣੇ ਮਨ ਵਿਚ ਵਸਾਈ ਰੱਖ ।੧।

ਹੇ ਪਿਆਰੇ! ਪਰਮਾਤਮਾ ਦੇ ਕੋਮਲ ਚਰਨਾਂ ਉਤੇ ਆਪਣਾ ਸਿਰ ਨਿਵਾਈ ਰੱਖ । ਗੋਬਿੰਦ ਦੇ ਗੁਣ ਆਪਣੇ ਸੋਚ-ਮੰਡਲ ਵਿਚ ਵਸਾ । ਹੇ ਨਾਨਕ! ਸੰਤ ਜਨਾਂ ਦੇ ਚਰਨਾਂ ਦੀ ਧੂੜ (ਆਪਣੇ ਮੱਥੇ ਉਤੇ ਲਾਇਆ ਕਰ, ਇਹ ਚਰਨ-ਧੂੜ) ਆਤਮਕ ਖ਼ੁਸ਼ੀਆਂ ਤੇ ਆਤਮਕ ਆਨੰਦ ਦੇਂਦੀ ਹੈ ।੨।੧।੩੧।

ਧਨਾਸਰੀ ਮਹਲਾ ੫ ਘਰੁ ੮ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਸਿਮਰਉ ਸਿਮਰਿ ਸਿਮਰਿ ਸੁਖ ਪਾਵਉ ਸਾਸਿ ਸਾਸਿ ਸਮਾਲੇ ॥ ਇਹ ਲੋਕਿ ਪਰਲੋਕਿ ਸੰਗਿ ਸਹਾਈ ਜਤ ਕਤ ਮੋਹਿ ਰਖਵਾਲੇ ॥੧॥ ਗੁਰ ਕਾ ਬਚਨੁ ਬਸੈ ਜੀਅ ਨਾਲੇ ॥ ਜਲਿ ਨਹੀ ਡੂਬੈ ਤਸਕਰੁ ਨਹੀ ਲੇਵੈ ਭਾਹਿ ਨ ਸਾਕੈ ਜਾਲੇ ॥੧॥ ਰਹਾਉ ॥ ਨਿਰਧਨ ਕਉ ਧਨੁ ਅੰਧੁਲੇ ਕਉ ਟਿਕ ਮਾਤ ਦੂਧੁ ਜੈਸੇ ਬਾਲੇ ॥ ਸਾਗਰ ਮਹਿ ਬੋਹਿਥੁ ਪਾਇਓ ਹਰਿ ਨਾਨਕ ਕਰੀ ਕ੍ਰਿਪਾ ਕਿਰਪਾਲੇ ॥੨॥੧॥੩੨॥ {ਪੰਨਾ 679}

ਪਦਅਰਥ:- ਸਿਮਰਉ—ਸਿਮਰਉਂ, ਮੈਂ ਸਿਮਰਦਾ ਹਾਂ । ਸਿਮਰਿ—ਸਿਮਰ ਕੇ । ਪਾਵਉ—ਪਾਵਉਂ, ਮੈਂ ਪਾਂਦਾ ਹਾਂ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਸਮਾਲੇ—ਸਮ੍ਹਾਲਿ, ਸੰਭਾਲ ਕੇ, ਹਿਰਦੇ ਵਿਚ ਵਸਾ ਕੇ । ਲੋਕਿ—ਲੋਕ ਵਿਚ । ਸੰਗਿ—ਨਾਲ । ਸਹਾਈ—ਮਦਦਗਾਰ । ਜਤ ਕਤ—ਜਿੱਥੇ ਕਿਥੇ, ਹਰ ਥਾਂ । ਮੋਹਿ—ਮੇਰਾ ।੧।

ਜੀਅ ਨਾਲੇ—(ਮੇਰੀ) ਜਿੰਦ ਦੇ ਨਾਲ । ਜਲਿ—ਪਾਣੀ ਵਿਚ । ਤਸਕਰੁ—ਚੋਰ । ਭਾਹਿ—ਅੱਗ । ਨ ਸਾਕੈ ਜਾਲੇ—ਜਲਾ ਨ ਸਕੇ ।੧।ਰਹਾਉ।

ਕਉ—ਵਾਸਤੇ । ਟਿਕ—ਟੇਕ, ਸਹਾਰਾ । ਬਾਲੈ—ਬਾਲ ਵਾਸਤੇ । ਬੋਹਿਥੁ—ਜਹਾਜ਼ ।੨।

ਅਰਥ:- ਹੇ ਭਾਈ! (ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਾਲ ਭਰਪੂਰ) ਗੁਰੂ ਦਾ ਸ਼ਬਦ ਮੇਰੀ ਜਿੰਦ ਦੇ ਨਾਲ ਵੱਸਦਾ ਹੈ । (ਪਰਮਾਤਮਾ ਦਾ ਨਾਮ ਇਕ ਐਸਾ ਧਨ ਹੈ, ਜੇਹੜਾ ਪਾਣੀ ਵਿਚ ਡੁੱਬਦਾ ਨਹੀਂ, ਜਿਸ ਨੂੰ ਚੋਰ ਚੁਰਾ ਨਹੀਂ ਸਕਦਾ, ਜਿਸ ਨੂੰ ਅੱਗ ਸਾੜ ਨਹੀਂ ਸਕਦੀ ।੧।ਰਹਾਉ।

ਹੇ ਭਾਈ! (ਪਰਮਾਤਮਾ ਦੇ ਨਾਮ ਨੂੰ ਮੈਂ ਆਪਣੇ) ਹਰੇਕ ਸਾਹ ਦੇ ਨਾਲ ਹਿਰਦੇ ਵਿਚ ਵਸਾ ਕੇ ਸਿਮਰਦਾ ਹਾਂ, ਤੇ, ਸਿਮਰ ਸਿਮਰ ਕੇ ਆਤਮਕ ਆਨੰਦ ਪ੍ਰਾਪਤ ਕਰਦਾ ਹਾਂ । ਇਹ ਹਰਿ-ਨਾਮ ਇਸ ਲੋਕ ਵਿਚ ਤੇ ਪਰਲੋਕ ਵਿਚ ਮੇਰੇ ਨਾਲ ਮਦਦਗਾਰ ਹੈ, ਹਰ ਥਾਂ ਮੇਰਾ ਰਾਖਾ ਹੈ ।੧।

ਹੇ ਭਾਈ! ਪਰਮਾਤਮਾ ਦਾ ਨਾਮ ਕੰਗਾਲ ਵਾਸਤੇ ਧਨ ਹੈ, ਅੰਨ੍ਹੇ ਵਾਸਤੇ ਡੰਗੋਰੀ ਹੈ, ਜਿਵੇਂ ਬੱਚੇ ਵਾਸਤੇ ਮਾਂ ਦਾ ਦੁੱਧ ਹੈ (ਤਿਵੇਂ ਹਰਿ-ਨਾਮ ਮਨੁੱਖ ਦੀ ਆਤਮਾ ਵਾਸਤੇ ਹੈ) । ਹੇ ਨਾਨਕ! ਜਿਸ ਮਨੁੱਖ ਉਤੇ ਕਿਰਪਾਲ ਪ੍ਰਭੂ ਨੇ ਕਿਰਪਾ ਕੀਤੀ, ਉਸ ਨੂੰ (ਇਹ ਨਾਮ) ਮਿਲ ਗਿਆ (ਜੋ) ਸਮੁੰਦਰ ਵਿਚ ਜਹਾਜ਼ ਹੈ ।੨।੧।੩੨।

ਧਨਾਸਰੀ ਮਹਲਾ ੫ ॥ ਭਏ ਕ੍ਰਿਪਾਲ ਦਇਆਲ ਗੋਬਿੰਦਾ ਅੰਮ੍ਰਿਤੁ ਰਿਦੈ ਸਿੰਚਾਈ ॥ ਨਵ ਨਿਧਿ ਰਿਧਿ ਸਿਧਿ ਹਰਿ ਲਾਗਿ ਰਹੀ ਜਨ ਪਾਈ ॥੧॥ ਸੰਤਨ ਕਉ ਅਨਦੁ ਸਗਲ ਹੀ ਜਾਈ ॥ ਗ੍ਰਿਹਿ ਬਾਹਰਿ ਠਾਕੁਰੁ ਭਗਤਨ ਕਾ ਰਵਿ ਰਹਿਆ ਸ੍ਰਬ ਠਾਈ ॥੧॥ ਰਹਾਉ ॥ ਤਾ ਕਉ ਕੋਇ ਨ ਪਹੁਚਨਹਾਰਾ ਜਾ ਕੈ ਅੰਗਿ ਗੁਸਾਈ ॥ ਜਮ ਕੀ ਤ੍ਰਾਸ ਮਿਟੈ ਜਿਸੁ ਸਿਮਰਤ ਨਾਨਕ ਨਾਮੁ ਧਿਆਈ ॥੨॥੨॥੩੩॥ {ਪੰਨਾ 679}

ਪਦਅਰਥ:- ਦਇਆਲ—ਦਇਆਵਾਨ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਰਿਦੈ—ਹਿਰਦੇ ਵਿਚ । ਸਿੰਚਾਈ—ਮੈਂ ਭੀ ਭਰ ਲਵਾਂ । ਨਵ ਨਿਧਿ—(ਧਰਤੀ ਦੇ ਸਾਰੇ ਹੀ) ਨੌ ਖ਼ਜ਼ਾਨੇ । ਰਿਧਿ ਸਿਧਿ—ਕਰਾਮਾਤੀ ਤਾਕਤਾਂ । ਜਨ ਪਾਈ—ਸੰਤ ਜਨਾਂ ਦੇ ਪੈਰਾਂ ਵਿਚ ।੧।

ਕਉ—ਨੂੰ । ਜਾਈ—ਥਾਂ । ਸਗਲ ਹੀ ਜਾਈ—ਸਭ ਥਾਵਾਂ ਵਿਚ । ਗ੍ਰਿਹਿ—ਘਰ ਵਿਚ । ਰਵਿ ਰਹਿਆ—ਵੱਸ ਰਿਹਾ ਹੈ । ਸ੍ਰਬ—ਸਰਬ, ਸਾਰੀਆਂ । ਠਾਈ—ਥਾਵਾਂ ਵਿਚ ।੧।ਰਹਾਉ।

ਪਹੁਚਨਹਾਰਾ—ਬਰਾਬਰੀ ਕਰ ਸਕਣ ਵਾਲਾ । ਜਾ ਕੈ ਅੰਗਿ—ਜਿਸ ਦੇ ਪੱਖ ਵਿਚ । ਗੁਸਾਈ—ਧਰਤੀ ਦਾ ਖਸਮ-ਪ੍ਰਭੂ । ਤ੍ਰਾਸ—ਡਰ । ਧਿਆਈ—ਧਿਆਇ ।੨।

ਅਰਥ:- ਹੇ ਭਾਈ! ਸੰਤ ਜਨਾਂ ਨੂੰ (ਹਰਿ-ਨਾਮ ਦੀ ਬਰਕਤਿ ਨਾਲ) ਸਭਨੀਂ ਥਾਈਂ ਆਤਮਕ ਆਨੰਦ ਬਣਿਆ ਰਹਿੰਦਾ ਹੈ । ਘਰ ਵਿਚ, (ਘਰੋਂ) ਬਾਹਰ (ਹਰ ਥਾਂ) ਪਰਮਾਤਮਾ ਭਗਤਾਂ ਦਾ (ਰਾਖਾ) ਹੈ । (ਭਗਤਾਂ ਨੂੰ ਪ੍ਰਭੂ) ਸਭਨੀਂ ਥਾਈਂ ਵੱਸਦਾ (ਦਿੱਸਦਾ ਹੈ) ।੧।ਰਹਾਉ।

ਹੇ ਭਾਈ! ਧਰਤੀ ਦੇ ਸਾਰੇ ਨੌ ਖ਼ਜ਼ਾਨੇ, ਸਾਰੀਆਂ ਕਰਾਮਾਤੀ ਤਾਕਤਾਂ, ਸੰਤ ਜਨਾਂ ਦੇ ਪੈਰਾਂ ਵਿਚ ਟਿਕੀਆਂ ਰਹਿੰਦੀਆਂ ਹਨ । ਪ੍ਰਭੂ ਜੀ ਆਪਣੇ ਸੇਵਕਾਂ ਉਤੇ (ਸਦਾ) ਕਿਰਪਾਲ ਰਹਿੰਦੇ ਹਨ, ਦਇਆਵਾਨ ਰਹਿੰਦੇ ਹਨ । (ਜੇ ਪ੍ਰਭੂ ਦੀ ਕਿਰਪਾ ਹੋਵੇ, ਤਾਂ ਸੰਤ ਜਨਾਂ ਦੀ ਸਰਨ ਪੈ ਕੇ) ਮੈਂ ਭੀ ਆਪਣੇ ਹਿਰਦੇ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਇਕੱਠਾ ਕਰ ਸਕਾਂ ।੧।

ਹੇ ਭਾਈ! ਜਿਸ ਮਨੁੱਖ ਦੇ ਪੱਖ ਵਿਚ ਪਰਮਾਤਮਾ ਆਪ ਹੁੰਦਾ ਹੈ, ਉਸ ਮਨੁੱਖ ਦੀ ਕੋਈ ਹੋਰ ਮਨੁੱਖ ਬਰਾਬਰੀ ਨਹੀਂ ਕਰ ਸਕਦਾ । ਹੇ ਨਾਨਕ! (ਆਖ—ਹੇ ਭਾਈ!) ਜਿਸ ਪਰਮਾਤਮਾ ਦਾ ਨਾਮ ਸਿਮਰਦਿਆਂ ਮੌਤ ਦਾ ਸਹਮ ਮੁੱਕ ਜਾਂਦਾ ਹੈ (ਆਤਮਕ ਮੌਤ ਨੇੜੇ ਨਹੀਂ ਢੁਕਦੀ), ਤੂੰ ਭੀ ਉਸ ਦਾ ਨਾਮ ਸਿਮਰਿਆ ਕਰ ।੨।੨।੩੩।

ਧਨਾਸਰੀ ਮਹਲਾ ੫ ॥ ਦਰਬਵੰਤੁ ਦਰਬੁ ਦੇਖਿ ਗਰਬੈ ਭੂਮਵੰਤੁ ਅਭਿਮਾਨੀ ॥ ਰਾਜਾ ਜਾਨੈ ਸਗਲ ਰਾਜੁ ਹਮਰਾ ਤਿਉ ਹਰਿ ਜਨ ਟੇਕ ਸੁਆਮੀ ॥੧॥ ਜੇ ਕੋਊ ਅਪੁਨੀ ਓਟ ਸਮਾਰੈ ॥ ਜੈਸਾ ਬਿਤੁ ਤੈਸਾ ਹੋਇ ਵਰਤੈ ਅਪੁਨਾ ਬਲੁ ਨਹੀ ਹਾਰੈ ॥੧॥ ਰਹਾਉ ॥ ਆਨ ਤਿਆਗਿ ਭਏ ਇਕ ਆਸਰ ਸਰਣਿ ਸਰਣਿ ਕਰਿ ਆਏ ॥ ਸੰਤ ਅਨੁਗ੍ਰਹ ਭਏ ਮਨ ਨਿਰਮਲ ਨਾਨਕ ਹਰਿ ਗੁਨ ਗਾਏ ॥੨॥੩॥੩੪॥ {ਪੰਨਾ 679}

ਪਦਅਰਥ:- ਦਰਬੁ—{d`X} ਧਨ । ਦਰਬਵੰਤੁ—ਧਨ ਵਾਲਾ ਮਨੁੱਖ, ਧਨੀ । ਦੇਖਿ—ਵੇਖ ਕੇ । ਗਰਬੈ—ਅਹੰਕਾਰ ਕਰਦਾ ਹੈ । ਭੂਮਵੰਤੁ—ਜ਼ਿਮੀਂ ਦਾ ਮਾਲਕ । ਅਭਿਮਾਨੀ—ਅਹੰਕਾਰੀ । ਰਾਜੁ—ਹਕੂਮਤ । ਜਾਨੈ—ਸਮਝਦਾ ਹੈ । ਟੇਕ—ਆਸਰਾ ।੧।

ਕੋਊ—ਕੋਈ ਮਨੁੱਖ । ਓਟ—ਆਸਰਾ । ਸਮਾਰੈ—ਸੰਭਾਲੇ, ਹਿਰਦੇ ਵਿਚ ਵਸਾਈ ਰੱਖੇ । ਬਿਤੁ—ਵਿਤ, ਪਾਂਇਆਂ । ਵਰਤੈ—ਜਗਤ ਨਾਲ ਕਾਰ-ਵਿਹਾਰ ਰੱਖਦਾ ਹੈ । ਬਲੁ—ਤਾਕਤ, ਹੌਸਲਾ ।੧।ਰਹਾਉ।

ਆਨ—ਹੋਰ ਸਾਰੇ (ਆਸਰੇ) । ਤਿਆਗਿ—ਛੱਡ ਕੇ । ਇਕ ਆਸਰ—ਇੱਕ ਆਸਰੇ ਵਾਲੇ । ਕਰਿ—ਕਰ ਕੇ, ਆਖ ਕੇ । ਅਨੁਗ੍ਰਹ—ਕਿਰਪਾ ਨਾਲ । ਗਾਏ—ਗਾਇ, ਗਾ ਕੇ ।੨।

ਅਰਥ:- ਜੇ ਕੋਈ ਮਨੁੱਖ ਆਪਣੀ ਅਸਲੀ ਓਟ (ਪਰਮਾਤਮਾ) ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖੇ, ਤਾਂ ਉਹ (ਅਹੰਕਾਰ ਆਦਿਕ ਦੇ ਮੁਕਾਬਲੇ ਤੇ) ਆਪਣਾ ਹੌਸਲਾ ਨਹੀਂ ਹਾਰਦਾ, (ਕਿਉਂਕਿ) ਉਹ ਮਨੁੱਖ ਆਪਣੇ ਵਿਤ ਅਨੁਸਾਰ ਵਰਤਦਾ ਹੈ (ਵਿਤੋਂ ਬਾਹਰਾ ਨਹੀਂ ਹੁੰਦਾ, ਅਹੰਕਾਰ ਵਿਚ ਨਹੀਂ ਆਉਂਦਾ, ਮਨੁੱਖਤਾ ਤੋਂ ਨਹੀਂ ਡਿੱਗਦਾ) ।੧।ਰਹਾਉ।

(ਹੇ ਭਾਈ! ਧਨੀ ਮਨੁੱਖ ਨੂੰ ਧਨ ਦਾ ਆਸਰਾ ਹੁੰਦਾ ਹੈ, ਪਰ) ਧਨੀ ਮਨੁੱਖ ਧਨ ਨੂੰ ਵੇਖ ਕੇ ਅਹੰਕਾਰ ਕਰਨਾ ਲੱਗ ਪੈਂਦਾ ਹੈ । (ਜ਼ਿਮੀਂ ਦੇ ਮਾਲਕ ਨੂੰ ਜ਼ਿਮੀਂ ਦਾ ਸਹਾਰਾ ਹੁੰਦਾ ਹੈ, ਪਰ) ਜ਼ਿਮੀਂ ਦਾ ਮਾਲਕ (ਆਪਣੀ ਜ਼ਿਮੀਂ ਵੇਖ ਕੇ) ਅਹੰਕਾਰੀ ਹੋ ਜਾਂਦਾ ਹੈ । ਰਾਜਾ ਸਮਝਦਾ ਹੈ ਸਾਰਾ ਦੇਸ ਮੇਰਾ ਹੀ ਰਾਜ ਹੈ (ਰਾਜੇ ਨੂੰ ਰਾਜ ਦਾ ਸਹਾਰਾ ਹੈ, ਪਰ ਰਾਜ ਦਾ ਅਹੰਕਾਰ ਭੀ ਹੈ) । ਇਸੇ ਤਰ੍ਹਾਂ ਪਰਮਾਤਮਾ ਦੇ ਸੇਵਕ ਨੂੰ ਮਾਲਕ-ਪ੍ਰਭੂ ਦਾ ਆਸਰਾ ਹੈ (ਪਰ ਉਸ ਨੂੰ ਕੋਈ ਅਹੰਕਾਰ ਨਹੀਂ) ।੧।

ਹੇ ਨਾਨਕ! ਜੇਹੜੇ ਮਨੁੱਖ ਹੋਰ ਸਾਰੇ (ਧਨ ਭੁਇੰ ਰਾਜ ਆਦਿਕ ਦੇ) ਆਸਰੇ ਛੱਡ ਕੇ ਇਕ ਪ੍ਰਭੂ ਦਾ ਆਸਰਾ ਰੱਖਣ ਵਾਲੇ ਬਣ ਜਾਂਦੇ ਹਨ, ਜੇਹੜੇ ਇਹ ਆਖ ਕੇ ਪ੍ਰਭੂ ਦੇ ਦਰ ਤੇ ਆ ਜਾਂਦੇ ਹਨ ਕਿ, ਹੇ ਪ੍ਰਭੂ! ਅਸੀ ਤੇਰੀ ਸਰਨ ਆਏ ਹਾਂ, ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਗੁਣ ਗਾ ਗਾ ਕੇ ਉਹਨਾਂ ਦੇ ਮਨ ਪਵਿਤ੍ਰ ਹੋ ਜਾਂਦੇ ਹਨ ।੨।੩।੩੪।

ਧਨਾਸਰੀ ਮਹਲਾ ੫ ॥ ਜਾ ਕਉ ਹਰਿ ਰੰਗੁ ਲਾਗੋ ਇਸੁ ਜੁਗ ਮਹਿ ਸੋ ਕਹੀਅਤ ਹੈ ਸੂਰਾ ॥ ਆਤਮ ਜਿਣੈ ਸਗਲ ਵਸਿ ਤਾ ਕੈ ਜਾ ਕਾ ਸਤਿਗੁਰੁ ਪੂਰਾ ॥੧॥ ਠਾਕੁਰੁ ਗਾਈਐ ਆਤਮ ਰੰਗਿ ॥ ਸਰਣੀ ਪਾਵਨ ਨਾਮ ਧਿਆਵਨ ਸਹਜਿ ਸਮਾਵਨ ਸੰਗਿ ॥੧॥ ਰਹਾਉ ॥ ਜਨ ਕੇ ਚਰਨ ਵਸਹਿ ਮੇਰੈ ਹੀਅਰੈ ਸੰਗਿ ਪੁਨੀਤਾ ਦੇਹੀ ॥ ਜਨ ਕੀ ਧੂਰਿ ਦੇਹੁ ਕਿਰਪਾ ਨਿਧਿ ਨਾਨਕ ਕੈ ਸੁਖੁ ਏਹੀ ॥੨॥੪॥੩੫॥ {ਪੰਨਾ 679-680}

ਪਦਅਰਥ:- ਜਾ ਕਉ—ਜਿਸ (ਮਨੁੱਖ) ਨੂੰ । ਰੰਗੁ—ਪ੍ਰੇਮ । ਇਸੁ ਜੁਗ ਮਹਿ—ਇਸ ਜਗਤ ਵਿਚ । ਸੂਰਾ—ਸੂਰਮਾ । ਆਤਮੁ—ਆਪਣੇ ਆਪ ਨੂੰ, ਆਪਣੇ ਮਨ ਨੂੰ । ਜਿਣੈ—ਜਿੱਤ ਲੈਂਦਾ ਹੈ । ਵਸਿ—ਵੱਸ ਵਿਚ । ਤਾ ਕੈ ਵਸਿ—ਉਸ ਦੇ ਵੱਸ ਵਿਚ ।੧।

ਆਤਮ ਰੰਗਿ—ਦਿਲੀ ਪਿਆਰ ਨਾਲ । ਗਾਈਐ—ਗਾਣਾ ਚਾਹੀਦਾ ਹੈ । ਸਹਜਿ—ਆਤਮਕ ਅਡੋਲਤਾ ਵਿਚ । ਸੰਗਿ—ਨਾਲ ।੧।ਰਹਾਉ।

ਵਸਹਿ—ਵੱਸ ਪੈਣ । ਮੇਰੈ ਹੀਅਰੈ—ਮੇਰੇ ਹਿਰਦੇ ਵਿਚ । ਪੁਨੀਤਾ—ਪਵਿਤ੍ਰ । ਦੇਹੀ—ਸਰੀਰ । ਕਿਰਪਾ ਨਿਧਿ—ਹੇ ਕਿਰਪਾ ਦੇ ਖ਼ਜ਼ਾਨੇ! ਨਾਨਕ ਕੈ—ਨਾਨਕ ਦੇ ਹਿਰਦੇ ਵਿਚ ।੨।

ਅਰਥ:- ਹੇ ਭਾਈ! ਦਿਲ ਦੇ ਪਿਆਰ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ । ਉਸ ਪਰਮਾਤਮਾ ਦੀ ਸਰਨ ਵਿਚ ਟਿਕੇ ਰਹਿਣਾ, ਉਸ ਦਾ ਨਾਮ ਸਿਮਰਨਾ—ਇਸ ਤਰੀਕੇ ਨਾਲ ਆਤਮਕ ਅਡੋਲਤਾ ਵਿਚ ਟਿਕ ਕੇ ਉਸ ਵਿਚ ਲੀਨ ਹੋ ਜਾਈਦਾ ਹੈ ।੧।ਰਹਾਉ।

ਹੇ ਭਾਈ! ਇਸ ਜਗਤ ਵਿਚ ਉਹ ਮਨੁੱਖ ਸੂਰਮਾ ਆਖਿਆ ਜਾਂਦਾ ਹੈ ਜਿਸ ਨੂੰ (ਜਿਸ ਦੇ ਹਿਰਦੇ ਵਿਚ) ਪ੍ਰਭੂ ਦਾ ਪਿਆਰ ਪੈਦਾ ਹੋ ਜਾਂਦਾ ਹੈ । ਪੂਰਾ ਗੁਰੂ ਜਿਸ ਮਨੁੱਖ ਦਾ (ਮਦਦਗਾਰ ਬਣ ਜਾਂਦਾ) ਹੈ, ਉਹ ਮਨੁੱਖ ਆਪਣੇ ਮਨ ਨੂੰ ਜਿੱਤ ਲੈਂਦਾ ਹੈ, ਸਾਰੀ (ਸ੍ਰਿਸ਼ਟੀ) ਉਸ ਦੇ ਵੱਸ ਵਿਚ ਆ ਜਾਂਦੀ ਹੈ (ਦੁਨੀਆ ਦਾ ਕੋਈ ਪਦਾਰਥ ਉਸ ਨੂੰ ਮੋਹ ਨਹੀਂ ਸਕਦਾ) ।੧।

ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਜੇ ਤੇਰੇ ਦਾਸਾਂ ਦੇ ਚਰਨ ਮੇਰੇ ਹਿਰਦੇ ਵਿਚ ਵੱਸ ਪੈਣ, ਤਾਂ ਉਹਨਾਂ ਦੀ ਸੰਗਤਿ ਵਿਚ ਮੇਰਾ ਸਰੀਰ ਪਵਿਤ੍ਰ ਹੋ ਜਾਏ । (ਮੇਹਰ ਕਰ, ਮੈਨੂੰ) ਆਪਣੇ ਦਾਸਾਂ ਦੇ ਚਰਨਾਂ ਦੀ ਧੂੜ ਬਖ਼ਸ਼, ਮੈਂ ਨਾਨਕ ਵਾਸਤੇ (ਸਭ ਤੋਂ ਵੱਡਾ) ਇਹੀ ਸੁਖ ਹੈ ।੨।੪।੩੫।

ਧਨਾਸਰੀ ਮਹਲਾ ੫ ॥ ਜਤਨ ਕਰੈ ਮਾਨੁਖ ਡਹਕਾਵੈ ਓਹੁ ਅੰਤਰਜਾਮੀ ਜਾਨੈ ॥ ਪਾਪ ਕਰੇ ਕਰਿ ਮੂਕਰਿ ਪਾਵੈ ਭੇਖ ਕਰੈ ਨਿਰਬਾਨੈ ॥੧॥ ਜਾਨਤ ਦੂਰਿ ਤੁਮਹਿ ਪ੍ਰਭ ਨੇਰਿ ॥ ਉਤ ਤਾਕੈ ਉਤ ਤੇ ਉਤ ਪੇਖੈ ਆਵੈ ਲੋਭੀ ਫੇਰਿ ॥ ਰਹਾਉ ॥ ਜਬ ਲਗੁ ਤੁਟੈ ਨਾਹੀ ਮਨ ਭਰਮਾ ਤਬ ਲਗੁ ਮੁਕਤੁ ਨ ਕੋਈ ॥ ਕਹੁ ਨਾਨਕ ਦਇਆਲ ਸੁਆਮੀ ਸੰਤੁ ਭਗਤੁ ਜਨੁ ਸੋਈ ॥੨॥੫॥੩੬॥ {ਪੰਨਾ 680}

ਪਦਅਰਥ:- ਜਤਨ—(ਬਹੁ-ਵਚਨ) । ਡਹਕਾਵੈ—ਧੋਖਾ ਦੇਂਦਾ ਹੈ, ਠੱਗਦਾ ਹੈ । ਅੰਤਰਜਾਮੀ—ਸਭ ਦੇ ਦਿਲ ਦੀ ਜਾਣਨ ਵਾਲਾ । ਜਾਨੈ—ਜਾਣਦਾ ਹੈ । ਕਰਿ—ਕਰ ਕੇ । ਭੇਖ—ਪਹਿਰਾਵੇ । ਨਿਰਬਾਨੈ—ਵਾਸਨਾ-ਰਹਿਤ, ਵਿਰਕਤ ।੧।

ਪ੍ਰਭ—ਹੇ ਪ੍ਰਭੂ! ਤੁਮਹਿ—ਤੈਨੂੰ । ਉਤ—ਉੱਧਰ । ਤਾਕੈ—ਤੱਕਦਾ ਹੈ । ਤੇ—ਤੋਂ । ਲੋਭੀ—ਲਾਲਚੀ । ਫੇਰਿ—ਫੇਰ ਵਿਚ, (ਲਾਲਚ ਦੇ) ਗੇੜ ਵਿਚ ।ਰਹਾਉ।

ਜਬ ਲਗੁ—ਜਦੋਂ ਤਕ । ਭਰਮਾ—ਭਟਕਣਾ । ਮੁਕਤੁ—(ਲੋਭ ਤੋਂ) ਆਜ਼ਾਦ । ਸੋਈ—ਉਹੀ ਮਨੁੱਖ ।੨।

ਅਰਥ:- ਹੇ ਪ੍ਰਭੂ! ਤੂੰ (ਸਭ ਜੀਵਾਂ ਦੇ) ਨੇੜੇ ਵੱਸਦਾ ਹੈਂ, ਪਰ (ਲਾਲਚੀ ਪਖੰਡੀ ਮਨੁੱਖ) ਤੈਨੂੰ ਦੂਰ (ਵੱਸਦਾ) ਸਮਝਦਾ ਹੈ । ਲਾਲਚੀ ਮਨੁੱਖ (ਲਾਲਚ ਦੇ) ਗੇੜ ਵਿਚ ਫਸਿਆ ਰਹਿੰਦਾ ਹੈ, (ਮਾਇਆ ਦੀ ਖ਼ਾਤਰ) ਉੱਧਰ ਤੱਕਦਾ ਹੈ, ਉੱਧਰ ਤੋਂ ਉੱਧਰ ਤੱਕਦਾ ਹੈ (ਉਸ ਦਾ ਮਨ ਟਿਕਦਾ ਨਹੀਂ) ।ਰਹਾਉ।

ਹੇ ਭਾਈ! (ਲਾਲਚੀ ਮਨੁੱਖ) ਅਨੇਕਾਂ ਜਤਨ ਕਰਦਾ ਹੈ, ਲੋਕਾਂ ਨੂੰ ਧੋਖਾ ਦੇਂਦਾ ਹੈ, ਵਿਰਕਤਾਂ ਵਾਲੇ ਧਾਰਮਿਕ ਪਹਿਰਾਵੇ ਬਣਾਈ ਰੱਖਦਾ ਹੈ, ਪਾਪ ਕਰ ਕੇ (ਫਿਰ ਉਹਨਾਂ ਪਾਪਾਂ ਤੋਂ) ਮੁੱਕਰ ਭੀ ਜਾਂਦਾ ਹੈ, ਪਰ ਸਭ ਦੇ ਦਿਲ ਦੀ ਜਾਣਨ ਵਾਲਾ ਉਹ ਪਰਮਾਤਮਾ (ਸਭ ਕੁਝ) ਜਾਣਦਾ ਹੈ ।੧।

ਹੇ ਭਾਈ! ਜਦੋਂ ਤਕ ਮਨੁੱਖ ਦੇ ਮਨ ਦੀ (ਮਾਇਆ ਵਾਲੀ) ਭਟਕਣਾ ਦੂਰ ਨਹੀਂ ਹੁੰਦੀ, ਇਹ (ਲਾਲਚ ਦੇ ਪੰਜੇ ਤੋਂ) ਆਜ਼ਾਦ ਨਹੀਂ ਹੋ ਸਕਦਾ । ਹੇ ਨਾਨਕ! ਆਖ—(ਪਹਿਰਾਵਿਆਂ ਨਾਲ ਭਗਤ ਨਹੀਂ ਬਣ ਜਾਈਦਾ) ਜਿਸ ਮਨੁੱਖ ਉਤੇ ਮਾਲਕ-ਪ੍ਰਭੂ ਦਇਆਵਾਨ ਹੁੰਦਾ ਹੈ (ਤੇ, ਉਸ ਨੂੰ ਨਾਮ ਦੀ ਦਾਤਿ ਦੇਂਦਾ ਹੈ) ਉਹੀ ਮਨੁੱਖ ਸੰਤ ਹੈ ਭਗਤ ਹੈ ।੨।੫।੩੬।

ਧਨਾਸਰੀ ਮਹਲਾ ੫ ॥ ਨਾਮੁ ਗੁਰਿ ਦੀਓ ਹੈ ਅਪੁਨੈ ਜਾ ਕੈ ਮਸਤਕਿ ਕਰਮਾ ॥ ਨਾਮੁ ਦ੍ਰਿੜਾਵੈ ਨਾਮੁ ਜਪਾਵੈ ਤਾ ਕਾ ਜੁਗ ਮਹਿ ਧਰਮਾ ॥੧॥ ਜਨ ਕਉ ਨਾਮੁ ਵਡਾਈ ਸੋਭ ॥ ਨਾਮੋ ਗਤਿ ਨਾਮੋ ਪਤਿ ਜਨ ਕੀ ਮਾਨੈ ਜੋ ਜੋ ਹੋਗ ॥੧॥ ਰਹਾਉ ॥ ਨਾਮ ਧਨੁ ਜਿਸੁ ਜਨ ਕੈ ਪਾਲੈ ਸੋਈ ਪੂਰਾ ਸਾਹਾ ॥ ਨਾਮੁ ਬਿਉਹਾਰਾ ਨਾਨਕ ਆਧਾਰਾ ਨਾਮੁ ਪਰਾਪਤਿ ਲਾਹਾ ॥੨॥੬॥੩੭॥ {ਪੰਨਾ 680}

ਪਦਅਰਥ:- ਗੁਰਿ—ਗੁਰੂ ਨੇ । ਕੈ ਮਸਤਕਿ—ਦੇ ਮੱਥੇ ਉੱਤੇ । ਕਰਮਾ—ਕਿਸਮਤ, ਭਾਗ । ਦ੍ਰਿੜਾਵੈ—(ਹੋਰਨਾਂ ਨੂੰ) ਦ੍ਰਿੜ੍ਹ ਕਰਾਂਦਾ ਹੈ । ਜੁਗ ਮਹਿ—ਜਗਤ ਵਿਚ । ਧਰਮ—ਫ਼ਰਜ਼, ਕੰਮ ।੧।

ਕਉ—ਨੂੰ, ਵਾਸਤੇ । ਵਡਾਈ—ਵਡਿਆਈ । ਸੋਭ—ਸੋਭਾ । ਨਾਮੋ—ਨਾਮ ਹੀ । ਗਤਿ—ਉੱਚੀ ਆਤਮਕ ਅਵਸਥਾ । ਪਤਿ—ਇੱਜ਼ਤ । ਮਾਨੈ—ਮੰਨਦਾ ਹੈ । ਹੋਗ—ਹੋਵੇਗਾ ।੧।ਰਹਾਉ।

ਕੈ ਪਾਲੈ—ਦੇ ਪੱਲੇ ਵਿਚ । ਬਿਉਹਾਰਾ—ਵਿਹਾਰ-ਕਾਰ । ਆਧਾਰਾ—ਆਸਰਾ । ਲਾਹਾ—ਲਾਭ, ਖੱਟੀ ।੨।

ਅਰਥ:- ਹੇ ਭਾਈ! ਪਰਮਾਤਮਾ ਦੇ ਸੇਵਕ ਦੇ ਵਾਸਤੇ ਪਰਮਾਤਮਾ ਦਾ ਨਾਮ (ਹੀ) ਵਡਿਆਈ ਹੈ ਨਾਮ ਹੀ ਸੋਭਾ ਹੈ । ਹਰਿ-ਨਾਮ ਹੀ ਉਸ ਦੀ ਉੱਚੀ ਆਤਮਕ ਅਵਸਥਾ ਹੈ, ਨਾਮ ਹੀ ਉਸ ਦੀ ਇੱਜ਼ਤ ਹੈ । ਜੋ ਕੁਝ ਪਰਮਾਤਮਾ ਦੀ ਰਜ਼ਾ ਵਿਚ ਹੁੰਦਾ ਹੈ, ਸੇਵਕ ਉਸ ਨੂੰ (ਸਿਰ-ਮੱਥੇ ਤੇ) ਮੰਨਦਾ ਹੈ ।੧।ਰਹਾਉ।

ਹੇ ਭਾਈ! ਜਿਸ ਮਨੁੱਖ ਦੇ ਮੱਥੇ ਉਤੇ ਭਾਗ (ਜਾਗ ਪਏ) ਉਸ ਨੂੰ ਪਿਆਰੇ ਗੁਰੂ ਨੇ ਪਰਮਾਤਮਾ ਦਾ ਨਾਮ ਦੇ ਦਿੱਤਾ । ਉਸ ਮਨੁੱਖ ਦਾ (ਫਿਰ) ਸਦਾ ਦਾ ਕੰਮ ਹੀ ਜਗਤ ਵਿਚ ਇਹ ਬਣ ਜਾਂਦਾ ਹੈ ਕਿ ਉਹ ਹੋਰਨਾਂ ਨੂੰ ਹਰਿ-ਨਾਮ ਦ੍ਰਿੜ੍ਹ ਕਰਾਂਦਾ ਹੈ ਜਪਾਂਦਾ ਹੈ (ਜਪਣ ਲਈ ਪ੍ਰੇਰਨਾ ਕਰਦਾ ਹੈ) ।੧।

ਹੇ ਨਾਨਕ! ਪਰਮਾਤਮਾ ਦਾ ਨਾਮ-ਧਨ ਜਿਸ ਮਨੁੱਖ ਦੇ ਪਾਸ ਹੈ, ਉਹੀ ਪੂਰਾ ਸਾਹੂਕਾਰ ਹੈ । ਉਹ ਮਨੁੱਖ ਹਰਿ-ਨਾਮ ਸਿਮਰਨ ਨੂੰ ਹੀ ਆਪਣਾ ਅਸਲੀ ਵਿਹਾਰ ਸਮਝਦਾ ਹੈ, ਨਾਮ ਦਾ ਹੀ ਉਸ ਨੂੰ ਆਸਰਾ ਰਹਿੰਦਾ ਹੈ, ਨਾਮ ਦੀ ਹੀ ਉਹ ਖੱਟੀ ਖੱਟਦਾ ਹੈ ।੨।੬।੩੭।

ਧਨਾਸਰੀ ਮਹਲਾ ੫ ॥ ਨੇਤ੍ਰ ਪੁਨੀਤ ਭਏ ਦਰਸ ਪੇਖੇ ਮਾਥੈ ਪਰਉ ਰਵਾਲ ॥ ਰਸਿ ਰਸਿ ਗੁਣ ਗਾਵਉ ਠਾਕੁਰ ਕੇ ਮੋਰੈ ਹਿਰਦੈ ਬਸਹੁ ਗੋਪਾਲ ॥੧॥ ਤੁਮ ਤਉ ਰਾਖਨਹਾਰ ਦਇਆਲ ॥ ਸੁੰਦਰ ਸੁਘਰ ਬੇਅੰਤ ਪਿਤਾ ਪ੍ਰਭ ਹੋਹੁ ਪ੍ਰਭੂ ਕਿਰਪਾਲ ॥੧॥ ਰਹਾਉ ॥ ਮਹਾ ਅਨੰਦ ਮੰਗਲ ਰੂਪ ਤੁਮਰੇ

ਬਚਨ ਅਨੂਪ ਰਸਾਲ ॥ ਹਿਰਦੈ ਚਰਣ ਸਬਦੁ ਸਤਿਗੁਰ ਕੋ ਨਾਨਕ ਬਾਂਧਿਓ ਪਾਲ ॥੨॥੭॥੩੮॥ {ਪੰਨਾ 680}

ਪਦਅਰਥ:- ਨੇਤ੍ਰ—ਅੱਖਾਂ । ਪੁਨੀਤ—ਪਵਿਤ੍ਰ । ਪੇਖੇ—ਪੇਖਿ, ਵੇਖ ਕੇ । ਮਾਥੈ—ਮੱਥੇ ਉੱਤੇ । ਪਰਉ—ਪਈ ਰਹੇ । ਰਵਾਲ—ਚਰਨ-ਧੂੜ । ਰਸਿ—ਸੁਆਦ ਨਾਲ । ਗਾਵਉ—ਗਾਵਉਂ, ਮੈਂ ਗਾਂਦਾ ਹਾਂ । ਮੋਰੈ ਹਿਰਦੈ—ਮੇਰੇ ਹਿਰਦੇ ਵਿਚ ।੧।

ਰਾਖਨਹਾਰ—ਰੱਖਿਆ ਕਰਨ ਦੀ ਸਮਰਥਾ ਵਾਲਾ । ਸੁਘਰ—ਸੁੱਘੜ, ਸੁਚੱਜੀ ਘਾੜਤ ਵਾਲਾ, ਸਿਆਣਾ ।੧।ਰਹਾਉ।

ਅਨੂਪ—ਉਪਮਾ-ਰਹਿਤ, ਬਹੁਤ ਸੋਹਣੇ । ਰਸਾਲ—ਰਸ-ਭਰੇ {ਰਸ-ਆਲਯ} । ਹਿਰਦੈ—ਹਿਰਦੇ ਵਿਚ । ਕੋ—ਦਾ । ਪਾਲ—ਪੱਲੇ ।੨।

ਅਰਥ:- ਹੇ ਦਇਆ ਦੇ ਘਰ ਪ੍ਰਭੂ! ਤੂੰ ਤਾਂ (ਸਭ ਜੀਵਾਂ ਦੀ) ਰੱਖਿਆ ਕਰਨ ਦੀ ਸਮਰਥਾ ਵਾਲਾ ਹੈਂ । ਤੂੰ ਸੋਹਣਾ ਹੈਂ, ਸਿਆਣਾ ਹੈਂ, ਬੇਅੰਤ ਹੈਂ । ਹੇ ਪਿਤਾ ਪ੍ਰਭੂ! (ਮੇਰੇ ਉੱਤੇ ਭੀ) ਦਇਆਵਾਨ ਹੋ ।੧।ਰਹਾਉ।

ਹੇ ਸ੍ਰਿਸ਼ਟੀ ਦੇ ਪਾਲਣਹਾਰ! ਮੇਰੇ ਹਿਰਦੇ ਵਿਚ ਆ ਵੱਸ । ਮੈਂ ਬੜੇ ਸੁਆਦ ਨਾਲ ਤੇਰੇ ਗੁਣ ਗਾਂਦਾ ਰਹਾਂ, ਮੇਰੇ ਮੱਥੇ ਉੱਤੇ ਤੇਰੀ ਚਰਨ-ਧੂੜ ਟਿਕੀ ਰਹੇ । ਤੇਰਾ ਦਰਸਨ ਕਰ ਕੇ ਅੱਖਾਂ ਪਵਿੱਤ੍ਰ ਹੋ ਜਾਂਦੀਆਂ ਹਨ (ਵਿਕਾਰਾਂ ਵੱਲੋਂ ਹਟ ਜਾਂਦੀਆਂ ਹਨ) ।੧।

ਹੇ ਪ੍ਰਭੂ! ਤੂੰ ਆਨੰਦ-ਸਰੂਪ ਹੈਂ, ਤੂੰ ਮੰਗਲ-ਰੂਪ ਹੈਂ (ਆਨੰਦ ਹੀ ਆਨੰਦ; ਖ਼ੁਸ਼ੀ ਹੀ ਖ਼ੁਸ਼ੀ ਤੇਰਾ ਵਜੂਦ ਹੈ । ਹੇ ਪ੍ਰਭੂ! ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਸੁੰਦਰ ਹੈ ਰਸੀਲੀ ਹੈ । ਹੇ ਨਾਨਕ! ਜਿਸ ਮਨੁੱਖ ਨੇ ਸਤਿਗੁਰੂ ਦੀ ਬਾਣੀ ਪੱਲੇ ਬੰਨ੍ਹ ਲਈ ਉਸ ਦੇ ਹਿਰਦੇ ਵਿਚ ਪਰਮਾਤਮਾ ਦੇ ਚਰਨ ਵੱਸੇ ਰਹਿੰਦੇ ਹਨ ।੨।੭।੩੮।

ਧਨਾਸਰੀ ਮਹਲਾ ੫ ॥ ਅਪਨੀ ਉਕਤਿ ਖਲਾਵੈ ਭੋਜਨ ਅਪਨੀ ਉਕਤਿ ਖੇਲਾਵੈ ॥ ਸਰਬ ਸੂਖ ਭੋਗ ਰਸ ਦੇਵੈ ਮਨ ਹੀ ਨਾਲਿ ਸਮਾਵੈ ॥੧॥ ਹਮਰੇ ਪਿਤਾ ਗੋਪਾਲ ਦਇਆਲ ॥ ਜਿਉ ਰਾਖੈ ਮਹਤਾਰੀ ਬਾਰਿਕ ਕਉ ਤੈਸੇ ਹੀ ਪ੍ਰਭ ਪਾਲ ॥੧॥ ਰਹਾਉ ॥ ਮੀਤ ਸਾਜਨ ਸਰਬ ਗੁਣ ਨਾਇਕ ਸਦਾ ਸਲਾਮਤਿ ਦੇਵਾ ॥ ਈਤ ਊਤ ਜਤ ਕਤ ਤਤ ਤੁਮ ਹੀ ਮਿਲੈ ਨਾਨਕ ਸੰਤ ਸੇਵਾ ॥੨॥੮॥੩੯॥ {ਪੰਨਾ 680}

ਪਦਅਰਥ:- ਉਕਤਿ—ਜੁਗਤਿ, ਢੰਗ, ਤਰੀਕਾ, ਵਿਓਂਤ । ਖਲਾਵੈ ਭੋਜਨ—ਖਾਣਾ ਖੁਆਂਦਾ ਹੈ । ਖੇਲਾਵੈ—ਖਿਡਾਂਦਾ ਹੈ । ਸਰਬ—ਸਾਰੇ । ਮਨ ਹੀ ਨਾਲਿ—ਸਾਡੇ ਮਨ ਦੇ ਨਾਲ ਹੀ, ਸਾਡੇ ਸਦਾ ਅੰਗ-ਸੰਗ । ਸਮਾਵੈ—ਮੌਜੂਦ ਰਹਿੰਦਾ ਹੈ ।੧।

ਗੋਪਾਲ—ਹੇ ਸ੍ਰਿਸ਼ਟੀ ਦੇ ਪਾਲਣਹਾਰ! ਮਹਤਾਰੀ—ਮਾਂ । ਬਾਰਿਕ ਕਉ—ਬੱਚੇ ਨੂੰ । ਪਾਲ—ਪਾਲਣ ਵਾਲਾ ।੧।

ਸਰਬ ਗੁਣ—ਸਾਰੇ ਗੁਣਾਂ ਵਾਲਾ । ਨਾਇਕ—ਆਗੂ, ਜੀਵਨ-ਅਗਵਾਈ ਕਰਨ ਵਾਲਾ । ਸਲਾਮਤਿ—ਜੀਊਂਦਾ । ਦੇਵਾ—ਪ੍ਰਕਾਸ਼-ਰੂਪ ਪ੍ਰਭੂ । ਈਤ—ਇਸ ਲੋਕ ਵਿਚ । ਊਤ—ਪਰਲੋਕ ਵਿਚ । ਜਤ ਕਤ ਤਤ—ਜਿੱਥੇ ਕਿੱਥੇ ਤਿੱਥੇ, ਹਰ ਥਾਂ । ਨਾਨਕ—ਹੇ ਨਾਨਕ! ।੨।

ਅਰਥ:- ਹੇ ਦਇਆ ਦੇ ਘਰ! ਹੇ ਸ੍ਰਿਸ਼ਟੀ ਦੇ ਪਾਲਣਹਾਰ! ਹੇ ਸਾਡੇ ਪਿਤਾ ਪ੍ਰਭੂ! ਜਿਵੇਂ ਮਾਂ ਆਪਣੇ ਬੱਚੇ ਦੀ ਪਾਲਣਾ ਕਰਦੀ ਹੈ ਤਿਵੇਂ ਹੀ ਤੂੰ ਸਾਨੂੰ ਜੀਵਾਂ ਨੂੰ ਪਾਲਣ ਵਾਲਾ ਹੈਂ ।੧।ਰਹਾਉ।

ਹੇ ਭਾਈ! ਪਰਮਾਤਮਾ ਆਪਣੇ ਹੀ ਢੰਗ ਨਾਲ ਜੀਵਾਂ ਨੂੰ ਖਾਣ-ਪੀਣ ਲਈ ਦੇਂਦਾ ਹੈ, ਆਪਣੇ ਹੀ ਢੰਗ ਨਾਲ ਜੀਵਾਂ ਨੂੰ ਖੇਡਾਂ ਵਿਚ ਪਰਚਾਈ ਰੱਖਦਾ ਹੈ, (ਆਪਣੇ ਹੀ ਢੰਗ ਨਾਲ ਜੀਵਾਂ ਨੂੰ) ਸਾਰੇ ਸੁਖ ਦੇਂਦਾ ਹੈ, ਸਾਰੇ ਸੁਆਦਲੇ ਪਦਾਰਥ ਦੇਂਦਾ ਹੈ, ਤੇ, ਸਦਾ ਸਭ ਦੇ ਅੰਗ-ਸੰਗ ਟਿਕਿਆ ਰਹਿੰਦਾ ਹੈ ।੧।

ਹੇ ਪ੍ਰਕਾਸ਼-ਰੂਪ ਪ੍ਰਭੂ! ਤੂੰ ਸਾਡਾ ਮਿੱਤਰ ਹੈਂ, ਸਜਣ ਹੈਂ, ਸਾਰੇ ਗੁਣਾਂ ਦਾ ਮਾਲਕ ਹੈਂ, ਸਭ ਦੀ ਜੀਵਨ ਅਗਵਾਈ ਕਰਨ ਵਾਲਾ ਹੈਂ; ਸਦਾ ਜੀਊਂਦਾ ਹੈਂ; ਤੂੰ ਹਰ ਥਾਂ ਇਸ ਲੋਕ ਵਿਚ ਪਰਲੋਕ ਵਿਚ ਮੌਜੂਦ ਹੈਂ । ਹੇ ਨਾਨਕ! (ਆਖ—ਹੇ ਭਾਈ!) ਗੁਰੂ ਦੀ ਸਰਨ ਪਿਆਂ ਉਹ ਪ੍ਰਭੂ ਮਿਲਦਾ ਹੈ ।੨।੮।੩੯।

ਧਨਾਸਰੀ ਮਹਲਾ ੫ ॥ ਸੰਤ ਕ੍ਰਿਪਾਲ ਦਇਆਲ ਦਮੋਦਰ ਕਾਮ ਕ੍ਰੋਧ ਬਿਖੁ ਜਾਰੇ ॥ ਰਾਜੁ ਮਾਲੁ ਜੋਬਨੁ ਤਨੁ ਜੀਅਰਾ ਇਨ ਊਪਰਿ ਲੈ ਬਾਰੇ ॥੧॥ ਮਨਿ ਤਨਿ ਰਾਮ ਨਾਮ ਹਿਤਕਾਰੇ ॥ ਸੂਖ ਸਹਜ ਆਨੰਦ ਮੰਗਲ ਸਹਿਤ ਭਵ ਨਿਧਿ ਪਾਰਿ ਉਤਾਰੇ ॥ ਰਹਾਉ ॥ ਧੰਨਿ ਸੁ ਥਾਨੁ ਧੰਨਿ ਓਇ ਭਵਨਾ ਜਾ ਮਹਿ ਸੰਤ ਬਸਾਰੇ ॥ ਜਨ ਨਾਨਕ ਕੀ ਸਰਧਾ ਪੂਰਹੁ ਠਾਕੁਰ ਭਗਤ ਤੇਰੇ ਨਮਸਕਾਰੇ ॥੨॥੯॥੪੦॥ {ਪੰਨਾ 680}

ਪਦਅਰਥ:- ਦਮੋਦਰ—{dwm-adr} ਪਰਮਾਤਮਾ । ਬਿਖੁ—ਜ਼ਹਰ । ਜਾਰੇ—ਸਾੜ ਦਿੱਤਾ । ਜੀਅਰਾ—ਜਿੰਦ । ਇਨ ਊਪਰਿ—ਇਹਨਾਂ ਸੰਤ ਜਨਾਂ ਤੋਂ । ਬਾਰੇ—ਸਦਕੇ, ਕੁਰਬਾਨ ।੧।

ਮਨਿ—ਮਨ ਵਿਚ । ਤਨਿ—ਤਨ ਵਿਚ, ਹਿਰਦੇ ਵਿਚ । ਹਿਤਕਾਰੇ—ਪਿਆਰ । ਸਹਜ—ਆਤਮਕ ਅਡੋਲਤਾ । ਸਹਿਤ—ਸਮੇਤ । ਭਵਨਿਧਿ—ਸੰਸਾਰ-ਸਮੁੰਦਰ । ਪਾਰਿ ਉਤਾਰੇ—ਪਾਰ ਲੰਘਾ ਦਿੱਤਾ ਹੈ ।ਰਹਾਉ।

ਧੰਨਿ—ਭਾਗਾਂ ਵਾਲਾ । ਸੁ—ਉਹ । ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} । ਭਵਨਾ—ਘਰ । ਜਾ ਮਹਿ—ਜਿਨ੍ਹਾਂ ਵਿਚ । ਬਸਾਰੇ—ਵੱਸਦੇ ਹਨ । ਸਰਧਾ—ਤਾਂਘ । ਪੂਰਹੁ—ਪੂਰੀ ਕਰੋ ।੨।

ਅਰਥ:- ਹੇ ਭਾਈ! ਜਿਨ੍ਹਾਂ ਦੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਸਦਾ ਪਿਆਰ ਬਣਿਆ ਰਹਿੰਦਾ ਹੈ, ਉਹ ਮਨੁੱਖ ਆਤਮਕ ਅਡੋਲਤਾ ਦੇ ਸੁਖ ਆਨੰਦ ਖ਼ੁਸ਼ੀਆਂ ਮਾਣਦੇ ਹਨ, (ਹੋਰਨਾਂ ਨੂੰ ਭੀ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦੇ ਹਨ ।ਰਹਾਉ।

ਹੇ ਭਾਈ! (ਆਪਣੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਸਦਾ ਟਿਕਾਈ ਰੱਖਣ ਵਾਲੇ) ਸੰਤ ਜਨ ਕਿਰਪਾ ਦੇ ਸੋਮੇ ਦਇਆ ਦੇ ਸੋਮੇ ਪਰਮਾਤਮਾ (ਦਾ ਰੂਪ ਹਨ); ਉਹ ਆਪਣੇ ਅੰਦਰੋਂ ਕਾਮ ਕ੍ਰੋਧ (ਆਦਿਕ ਵਿਕਾਰਾਂ ਦਾ) ਜ਼ਹਰ ਸਾੜ ਲੈਂਦੇ ਹਨ । ਅਜੇਹੇ ਸੰਤਾਂ ਤੋਂ ਰਾਜ ਮਾਲ ਜੁਆਨੀ ਸਰੀਰ ਜਿੰਦ—ਸਭ ਕੁਝ ਕੁਰਬਾਨ ਕਰ ਦੇਣਾ ਚਾਹੀਦਾ ਹੈ ।੧।

ਹੇ ਭਾਈ! ਉਹ ਥਾਂ ਭਾਗਾਂ ਵਾਲਾ ਹੈ, ਉਹ ਘਰ ਭਾਗਾਂ ਵਾਲੇ ਹਨ, ਜਿਨ੍ਹਾਂ ਵਿਚ ਸੰਤ ਜਨ ਵੱਸਦੇ ਹਨ । ਹੇ ਠਾਕੁਰ! ਦਾਸ ਦੀ ਤਾਂਘ ਪੂਰੀ ਕਰ, ਕਿ ਤੇਰੇ ਭਗਤਾਂ ਨੂੰ ਸਦਾ ਸਿਰ ਨਿਵਾਂਦਾ ਰਹੇ ।੨।੯।੪੦।

ਧਨਾਸਰੀ ਮਹਲਾ ੫ ॥ ਛਡਾਇ ਲੀਓ ਮਹਾ ਬਲੀ ਤੇ ਅਪਨੇ ਚਰਨ ਪਰਾਤਿ ॥ ਏਕੁ ਨਾਮੁ ਦੀਓ ਮਨ ਮੰਤਾ ਬਿਨਸਿ ਨ ਕਤਹੂ ਜਾਤਿ ॥੧॥ ਸਤਿਗੁਰਿ ਪੂਰੈ ਕੀਨੀ ਦਾਤਿ ॥ ਹਰਿ ਹਰਿ ਨਾਮੁ ਦੀਓ

ਕੀਰਤਨ ਕਉ ਭਈ ਹਮਾਰੀ ਗਾਤਿ ॥ ਰਹਾਉ ॥ ਅੰਗੀਕਾਰੁ ਕੀਓ ਪ੍ਰਭਿ ਅਪੁਨੈ ਭਗਤਨ ਕੀ ਰਾਖੀ ਪਾਤਿ ॥ ਨਾਨਕ ਚਰਨ ਗਹੇ ਪ੍ਰਭ ਅਪਨੇ ਸੁਖੁ ਪਾਇਓ ਦਿਨ ਰਾਤਿ ॥੨॥੧੦॥੪੧॥ {ਪੰਨਾ 681}

ਪਦਅਰਥ:- ਮਹਾ ਬਲੀ ਤੇ—ਵੱਡੀ ਤਾਕਤ ਵਾਲੀ (ਮਾਇਆ) ਤੋਂ । ਪਰਾਤਿ—ਪ੍ਰੋ ਕੇ । ਮੰਤਾ—ਮੰਤਰ, ਉਪਦੇਸ਼ । ਬਿਨਸਿ ਨ ਜਾਤਿ—ਨਾਸ ਨਹੀਂ ਹੁੰਦਾ, ਨਾਹ ਹੀ ਗਵਾਚਦਾ ਹੈ । ਕਤ ਹੂ—ਕਿਤੇ ਭੀ ।੧।

ਸਤਿਗੁਰਿ—ਗੁਰੂ ਨੇ । ਦਾਤਿ—ਬਖ਼ਸ਼ਸ਼ । ਕਉ—ਵਾਸਤੇ । ਗਾਤਿ—ਗਤਿ, ਉੱਚੀ ਆਤਮਕ ਅਵਸਥਾ ।ਰਹਾਉ।

ਅੰਗੀਕਾਰੁ—ਪੱਖ । ਪ੍ਰਭਿ—ਪ੍ਰਭੂ ਨੇ । ਪਾਤਿ—ਪਤਿ, ਇੱਜ਼ਤ । ਗਹੇ—ਫੜੇ ।੨।

ਅਰਥ:- ਹੇ ਭਾਈ! ਪੂਰੇ ਗੁਰੂ ਨੇ (ਮੇਰੇ ਉਤੇ) ਬਖ਼ਸ਼ਸ਼ ਕੀਤੀ ਹੈ । (ਗੁਰੂ ਨੇ ਮੈਨੂੰ) ਪਰਮਾਤਮਾ ਦਾ ਨਾਮ ਕੀਰਤਨ ਕਰਨ ਲਈ ਦਿੱਤਾ ਹੈ, (ਜਿਸ ਦੀ ਬਰਕਤਿ ਨਾਲ) ਮੇਰੀ ਉੱਚੀ ਆਤਮਕ ਅਵਸਥਾ ਬਣ ਗਈ ਹੈ ।ਰਹਾਉ।

ਹੇ ਭਾਈ! (ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਗੁਰੂ ਉਸ ਨੂੰ) ਆਪਣੇ ਚਰਨੀਂ ਲਾ ਕੇ ਉਸ ਨੂੰ ਵੱਡੀ ਤਾਕਤ ਵਾਲੀ (ਮਾਇਆ) ਤੋਂ ਬਚਾ ਲੈਂਦਾ ਹੈ । ਉਸ ਦੇ ਮਨ ਵਾਸਤੇ ਗੁਰੂ ਪਰਮਾਤਮਾ ਦਾ ਨਾਮ-ਮੰਤਰ ਦੇਂਦਾ ਹੈ; ਜੋ ਨਾਹ ਨਾਸ ਹੁੰਦਾ ਹੈ ਨਾਹ ਕਿਤੇ ਗੁਆਚਦਾ ਹੈ ।੧।

ਹੇ ਭਾਈ! ਪ੍ਰਭੂ ਨੇ (ਸਦਾ ਹੀ) ਆਪਣੇ ਭਗਤਾਂ ਦਾ ਪੱਖ ਕੀਤਾ ਹੈ, (ਭਗਤਾਂ ਦੀ) ਲਾਜ ਰੱਖੀ ਹੈ । ਹੇ ਨਾਨਕ! ਜਿਸ ਮਨੁੱਖ ਨੇ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਚਰਨ ਫੜ ਲਏ ਉਸ ਨੇ ਦਿਨ ਰਾਤ ਹਰ ਵੇਲੇ ਆਤਮਕ ਆਨੰਦ ਮਾਣਿਆ ਹੈ ।੨।੧੦।੪੧।

ਧਨਾਸਰੀ ਮਹਲਾ ੫ ॥ ਪਰ ਹਰਨਾ ਲੋਭੁ ਝੂਠ ਨਿੰਦ ਇਵ ਹੀ ਕਰਤ ਗੁਦਾਰੀ ॥ ਮ੍ਰਿਗ ਤ੍ਰਿਸਨਾ ਆਸ ਮਿਥਿਆ ਮੀਠੀ ਇਹ ਟੇਕ ਮਨਹਿ ਸਾਧਾਰੀ ॥੧॥ ਸਾਕਤ ਕੀ ਆਵਰਦਾ ਜਾਇ ਬ੍ਰਿਥਾਰੀ ॥ ਜੈਸੇ ਕਾਗਦ ਕੇ ਭਾਰ ਮੂਸਾ ਟੂਕਿ ਗਵਾਵਤ ਕਾਮਿ ਨਹੀ ਗਾਵਾਰੀ ॥ ਰਹਾਉ ॥ ਕਰਿ ਕਿਰਪਾ ਪਾਰਬ੍ਰਹਮ ਸੁਆਮੀ ਇਹ ਬੰਧਨ ਛੁਟਕਾਰੀ ॥ ਬੂਡਤ ਅੰਧ ਨਾਨਕ ਪ੍ਰਭ ਕਾਢਤ ਸਾਧ ਜਨਾ ਸੰਗਾਰੀ ॥੨॥੧੧॥੪੨॥ {ਪੰਨਾ 681}

ਪਦਅਰਥ:- ਪਰ—ਪਰਾਇਆ (ਧਨ) । ਹਰਨਾ—ਚੁਗਾਣਾ । ਨਿੰਦ—ਨਿੰਦਿਆ । ਇਵ ਹੀ—ਇਸੇ ਤਰ੍ਹਾਂ ਹੀ । ਗੁਦਾਰੀ—ਗੁਜ਼ਾਰੀ, ਲੰਘਾ ਦਿੱਤੀ । ਮ੍ਰਿਗ ਤ੍ਰਿਸਨਾ—ਠਗ-ਨੀਰਾ, ਤ੍ਰੇਹ ਦੇ ਮਾਰੇ ਹਰਨ ਨੂੰ ਪਾਣੀ ਦਿੱਸਣ ਵਾਲਾ ਰੇਤ-ਥਲਾ । ਮਿਥਿਆ—ਝੂਠੀ । ਮਨਹਿ—ਮਨ ਵਿਚ । ਸਾਧਾਰੀ—ਆਸਰਾ ਬਣਾ ਲਿਆ ।੧।

ਸਾਕਤ—ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ, ਮਾਇਆ-ਵੇੜ੍ਹਿਆ ਜੀਵ । ਆਵਰਦਾ—ਆਰਜਾ, ਉਮਰ । ਬ੍ਰਿਥਾਰੀ—ਵਿਅਰਥ । ਕਾਗਦ—ਕਾਗ਼ਜ਼ {ਲਫ਼ਜ਼ 'ਗੁਦਾਰੀ', 'ਆਵਰਦਾ', 'ਕਾਗਦ' ਦਾ ਅੱਖਰ 'ਦ' ਅੱਖਰ 'ਜ' ਤੋਂ ਬਦਲਿਆ ਹੈ । ਇਸੇ ਤਰ੍ਹਾਂ ਲਫ਼ਜ਼ 'ਕਾਜੀ' ਦਾ ਦੂਜਾ ਪਾਠ 'ਕਾਦੀ' ਹੈ । 'ਜਪੁ' ਵਿਚ ਲਫ਼ਜ਼ 'ਕਾਦੀਆ' ਮਿਰਜ਼ਈਆਂ ਦੇ ਨਗਰ 'ਕਾਦੀਆਂ' ਵਾਸਤੇ ਨਹੀਂ ਹੈ । ਉਹ ਲਫ਼ਜ਼ ਭੀ 'ਕਾਜੀਆ' ਦਾ ਦੂਜਾ ਪਾਠ ਹੈ} । ਟੂਕਿ—ਟੁੱਕ ਟੁੱਕ ਕੇ । ਗਾਵਾਰ—ਮੂਰਖ ।ਰਹਾਉ।

ਪਾਰਬ੍ਰਹਮ—ਹੇ ਪਰਮਾਤਮਾ! ਅੰਧ—(ਮਾਇਆ ਦੇ ਮੋਹ ਵਿਚ) ਅੰਨ੍ਹੇ ਹੋ ਚੁਕੇ । ਪ੍ਰਭ—ਹੇ ਪ੍ਰਭੂ! ਸੰਗਾਰੀ—ਸੰਗਤਿ ਵਿਚ ।੨।

ਅਰਥ:- ਹੇ ਭਾਈ! ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦੀ ਉਮਰ ਵਿਅਰਥ ਗੁਜ਼ਰ ਜਾਂਦੀ ਹੈ, ਜਿਵੇਂ ਕੋਈ ਚੂਹਾ ਕਾਗ਼ਜ਼ਾਂ ਦੇ ਢੇਰਾਂ ਦੇ ਢੇਰ ਟੁੱਕ ਟੁੱਕ ਕੇ ਗਵਾ ਦੇਂਦਾ ਹੈ, ਪਰ ਉਹ ਕਾਗ਼ਜ਼ ਉਸ ਮੂਰਖ ਦੇ ਕੰਮ ਨਹੀਂ ਆਉਂਦੇ ।ਰਹਾਉ।

ਹੇ ਭਾਈ! ਪਰਾਇਆ ਧਨ ਚੁਰਾਣਾ, ਲੋਭ ਕਰਨਾ; ਝੂਠ ਬੋਲਣਾ, ਨਿੰਦਿਆ ਕਰਨੀ—ਇਸੇ ਤਰ੍ਹਾਂ ਕਰਦਿਆਂ (ਸਾਕਤ ਆਪਣੀ ਉਮਰ) ਗੁਜ਼ਾਰਦਾ ਹੈ । ਜਿਵੇਂ ਤਿਹਾਏ ਹਿਰਨ ਨੂੰ ਠਗ-ਨੀਰਾ ਚੰਗਾ ਲੱਗਦਾ ਹੈ, ਤਿਵੇਂ ਸਾਕਤ ਝੂਠੀਆਂ ਆਸਾਂ ਨੂੰ ਮਿੱਠੀਆਂ ਮੰਨਦਾ ਹੈ । (ਝੂਠੀਆਂ ਆਸਾਂ ਦੀ) ਟੇਕ ਨੂੰ ਆਪਣੇ ਮਨ ਵਿਚ ਥੰਮ੍ਹੀ ਬਣਾਂਦਾ ਹੈ ।੧।

ਹੇ ਮਾਲਕ-ਪ੍ਰਭੂ! ਤੂੰ ਆਪ ਹੀ ਕਿਰਪਾ ਕਰ ਕੇ (ਮਾਇਆ ਦੇ) ਇਹਨਾਂ ਬੰਧਨਾਂ ਤੋਂ ਛੁਡਾਂਦਾ ਹੈਂ । ਹੇ ਨਾਨਕ! (ਆਖ—) ਹੇ ਪ੍ਰਭੂ! ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ ਮਨੁੱਖਾਂ ਨੂੰ, ਮੋਹ ਵਿਚ ਡੁੱਬਦਿਆਂ ਨੂੰ, ਸੰਤ ਜਨਾਂ ਦੀ ਸੰਗਤਿ ਵਿਚ ਲਿਆ ਕੇ ਤੂੰ ਆਪ ਹੀ ਡੁੱਬਣੋਂ ਬਚਾਂਦਾ ਹੈਂ ।੨।੧੧।੪੨।

ਧਨਾਸਰੀ ਮਹਲਾ ੫ ॥ ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪਨਾ ਸੀਤਲ ਤਨੁ ਮਨੁ ਛਾਤੀ ॥ ਰੂਪ ਰੰਗ ਸੂਖ ਧਨੁ ਜੀਅ ਕਾ ਪਾਰਬ੍ਰਹਮ ਮੋਰੈ ਜਾਤੀ ॥੧॥ ਰਸਨਾ ਰਾਮ ਰਸਾਇਨਿ ਮਾਤੀ ॥ ਰੰਗ ਰੰਗੀ ਰਾਮ ਅਪਨੇ ਕੈ ਚਰਨ ਕਮਲ ਨਿਧਿ ਥਾਤੀ ॥ ਰਹਾਉ ॥ ਜਿਸ ਕਾ ਸਾ ਤਿਨ ਹੀ ਰਖਿ ਲੀਆ ਪੂਰਨ ਪ੍ਰਭ ਕੀ ਭਾਤੀ ॥ ਮੇਲਿ ਲੀਓ ਆਪੇ ਸੁਖਦਾਤੈ ਨਾਨਕ ਹਰਿ ਰਾਖੀ ਪਾਤੀ ॥੨॥੧੨॥੪੩॥ {ਪੰਨਾ 681}

ਪਦਅਰਥ:- ਸਿਮਰਿ—ਸਿਮਰ ਕੇ । ਸੀਤਲ—ਠੰਢਾ, ਸ਼ਾਂਤ । ਛਾਤੀ—ਹਿਰਦਾ । ਜੀਅ ਕਾ—ਜਿੰਦ ਦਾ, ਜਿੰਦ ਵਾਸਤੇ । ਮੋਰੈ—ਮੇਰੇ ਵਾਸਤੇ । ਜਾਤੀ—ਉੱਚੀ ਜਾਤਿ ।੧।

ਰਸਨਾ—ਜੀਭ । ਰਸਾਇਨ—{ਰਸ-ਅਯਨ । ਅਯਨ—ਘਰ} ਰਸਾਂ ਦਾ ਘਰ, ਰਸਾਂ ਦਾ ਖ਼ਜ਼ਾਨਾ । ਰਸਾਇਨਿ—ਰਸਾਂ ਦੇ ਖ਼ਜ਼ਾਨੇ ਵਿਚ । ਮਾਤੀ—ਮਸਤ । ਨਿਧਿ—ਖ਼ਜ਼ਾਨਾ । ਥਾਤੀ—ਇਕੱਠਾ ਕੀਤਾ ।ਰਹਾਉ।

ਸਾ—ਸੀ । ਤਿਨ ਹੀ—{ਲਫ਼ਜ਼ 'ਤਿਨਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} । ਭਾਤੀ—ਤਰੀਕਾ, ਢੰਗ । ਸੁਖਦਾਤੈ—ਸੁਖਦਾਤੇ ਨੇ । ਪਾਤੀ—ਪਤਿ, ਇੱਜ਼ਤ ।੨।

ਅਰਥ:- ਹੇ ਭਾਈ! ਜਿਸ ਮਨੁੱਖ ਦੀ ਜੀਭ ਪਰਮਾਤਮਾ ਦੇ ਨਾਮ ਦੀ ਰਸਾਇਣ ਵਿਚ ਮਸਤ ਰਹਿੰਦੀ ਹੈ, ਅਤੇ ਪਿਆਰੇ ਪ੍ਰਭੂ ਦੇ ਪ੍ਰੇਮ-ਰੰਗ ਨਾਲ ਰੰਗੀ ਜਾਂਦੀ ਹੈ, ਉਹੀ ਮਨੁੱਖ ਪਰਮਾਤਮਾ ਦੇ ਕੋਮਲ ਚਰਨਾਂ ਦੀ ਯਾਦ ਦਾ ਖ਼ਜ਼ਾਨਾ (ਆਪਣੇ ਹਿਰਦੇ ਵਿਚ) ਇਕੱਠਾ ਕਰ ਲੈਂਦਾ ਹੈ ।ਰਹਾਉ।

ਹੇ ਭਾਈ! ਮਾਲਕ ਪ੍ਰਭੂ (ਦਾ ਨਾਮ) ਮੁੜ ਮੁੜ ਸਿਮਰ ਕੇ ਸਰੀਰ ਮਨ ਹਿਰਦਾ ਸ਼ਾਂਤ ਹੋ ਜਾਂਦੇ ਹਨ । ਹੇ ਭਾਈ! ਮੇਰੇ ਵਾਸਤੇ ਭੀ ਪਰਮਾਤਮਾ ਦਾ ਨਾਮ ਹੀ ਰੂਪ ਹੈ, ਰੰਗ ਹੈ, ਸੁਖ ਹੈ, ਧਨ ਹੈ, ਤੇ, ਉੱਚੀ ਜਾਤਿ ਹੈ ।੧।

ਹੇ ਭਾਈ! ਪ੍ਰਭੂ ਦਾ (ਜੀਵਾਂ ਨੂੰ ਦੁੱਖਾਂ ਰੋਗਾਂ ਤੋਂ) ਬਚਾਣ ਦਾ ਤਰੀਕਾ ਉੱਤਮ ਹੈ । ਜੇਹੜਾ ਮਨੁੱਖ ਉਸ ਪ੍ਰਭੂ ਦਾ (ਸੇਵਕ) ਬਣ ਗਿਆ, ਉਸ ਨੂੰ ਉਸ ਨੇ ਬਚਾ ਲਿਆ । ਹੇ ਨਾਨਕ! (ਸਰਨ ਪਏ ਮਨੁੱਖ ਨੂੰ) ਸੁਖਦਾਤੇ ਪ੍ਰਭੂ ਨੇ

ਆਪ ਹੀ ਸਦਾ (ਆਪਣੇ ਚਰਨਾਂ ਵਿਚ) ਮਿਲਾ ਲਿਆ, ਅਤੇ ਉਸ ਦੀ ਇੱਜ਼ਤ ਰੱਖ ਲਈ ।੨।੧੨।੪੩।

ਧਨਾਸਰੀ ਮਹਲਾ ੫ ॥ ਦੂਤ ਦੁਸਮਨ ਸਭਿ ਤੁਝ ਤੇ ਨਿਵਰਹਿ ਪ੍ਰਗਟ ਪ੍ਰਤਾਪੁ ਤੁਮਾਰਾ ॥ ਜੋ ਜੋ ਤੇਰੇ ਭਗਤ ਦੁਖਾਏ ਓਹੁ ਤਤਕਾਲ ਤੁਮ ਮਾਰਾ ॥੧॥ ਨਿਰਖਉ ਤੁਮਰੀ ਓਰਿ ਹਰਿ ਨੀਤ ॥ ਮੁਰਾਰਿ ਸਹਾਇ ਹੋਹੁ ਦਾਸ ਕਉ ਕਰੁ ਗਹਿ ਉਧਰਹੁ ਮੀਤ ॥ ਰਹਾਉ ॥ ਸੁਣੀ ਬੇਨਤੀ ਠਾਕੁਰਿ ਮੇਰੈ ਖਸਮਾਨਾ ਕਰਿ ਆਪਿ ॥ ਨਾਨਕ ਅਨਦ ਭਏ ਦੁਖ ਭਾਗੇ ਸਦਾ ਸਦਾ ਹਰਿ ਜਾਪਿ ॥੨॥੧੩॥੪੪॥ {ਪੰਨਾ 681}

ਪਦਅਰਥ:- ਦੂਤ—ਵੈਰੀ । ਸਭਿ—ਸਾਰੇ । ਤੁਝ ਤੇ—ਤੈਥੋਂ, ਤੇਰੀ ਕਿਰਪਾ ਨਾਲ । ਤੇ—ਤੋਂ । ਨਿਵਰਹਿ—ਦੂਰ ਹੋ ਜਾਂਦੇ ਹਨ । ਪ੍ਰਤਾਪੁ—ਤੇਜ, ਇਕਬਾਲ । ਜੋ ਜੋ—ਜੇਹੜਾ ਜੇਹੜਾ ਮਨੁੱਖ । ਦੁਖਾਏ—ਦੁੱਖ ਦੇਂਦਾ ਹੈ । ਓਹੁ—{ਇਕ-ਵਚਨ} ਉਹ ਮਨੁੱਖ । ਤਤਕਾਲ—ਉਸੇ ਵੇਲੇ । ਮਾਰਾ—ਮਾਰ ਦਿੱਤਾ, ਆਤਮਕ ਮੌਤੇ ਮਾਰ ਦਿੱਤਾ ।੧।

ਨਿਰਖਉ—ਨਿਰਖਉਂ, ਮੈਂ ਧਿਆਨ ਨਾਲ ਵੇਖਦਾ ਹਾਂ, ਮੈਂ ਤੱਕਦਾ ਹਾਂ । ਓਰਿ—ਪਾਸੇ ਵਲ । ਨੀਤ—ਸਦਾ । ਮੁਰਾਰਿ—ਹੇ ਮੁਰਾਰੀ! ਹੇ ਹਰੀ! ਸਹਾਇ—ਮਦਦਗਾਰ । ਕਰੁ—ਹੱਥ । ਗਹਿ—ਫੜ ਕੇ । ਉਧਰਹੁ—ਬਚਾ ਲਵੋ । ਮੀਤ—ਹੇ ਮਿੱਤਰ! ।ਰਹਾਉ।

ਠਾਕੁਰਿ ਮੇਰੈ—ਮੇਰੇ ਠਾਕੁਰ ਨੇ । ਖਸਮਾਨਾ—ਖਸਮ ਵਾਲਾ ਫ਼ਰਜ਼ । ਕਰਿ—ਕਰ ਕੇ । ਜਾਪਿ—ਜਪ ਕੇ ।੨।

ਅਰਥ:- ਹੇ ਮੁਰਾਰੀ! ਹੇ ਹਰੀ! ਮੈਂ ਸਦਾ ਤੇਰੇ ਵਲ (ਸਹਾਇਤਾ ਵਾਸਤੇ) ਤੱਕਦਾ ਰਹਿੰਦਾ ਹਾਂ । (ਆਪਣੇ) ਦਾਸ ਦੇ ਵਾਸਤੇ ਮਦਦਗਾਰ ਬਣ । ਹੇ ਮਿੱਤਰ ਪ੍ਰਭੂ! (ਆਪਣੇ ਸੇਵਕ ਦਾ) ਹੱਥ ਫੜ ਕੇ ਇਸ ਨੂੰ ਬਚਾ ਲੈ ।ਰਹਾਉ।

ਹੇ ਪ੍ਰਭੂ! (ਤੇਰੇ ਭਗਤਾਂ ਦੇ) ਸਾਰੇ ਵੈਰੀ ਦੁਸ਼ਮਨ ਤੇਰੀ ਕਿਰਪਾ ਨਾਲ ਦੂਰ ਹੁੰਦੇ ਹਨ, ਤੇਰਾ ਤੇਜ-ਪ੍ਰਤਾਪ (ਸਾਰੇ ਜਗਤ ਵਿਚ) ਪਰਤੱਖ ਹੈ । ਜੇਹੜਾ ਜੇਹੜਾ (ਦੂਤੀ) ਤੇਰੇ ਭਗਤਾਂ ਨੂੰ ਦੁੱਖ ਦੇਂਦਾ ਹੈ, ਤੂੰ ਉਸ ਨੂੰ ਤੁਰੰਤ (ਆਤਮਕ ਮੌਤੇ) ਮਾਰ ਦੇਂਦਾ ਹੈਂ ।੧।

ਹੇ ਨਾਨਕ! (ਆਖ—) ਮੇਰੇ ਮਾਲਕ-ਪ੍ਰਭੂ ਨੇ ਖਸਮ ਵਾਲਾ ਫ਼ਰਜ਼ ਪੂਰਾ ਕਰ ਕੇ (ਜਿਸ ਮਨੁੱਖ ਦੀ) ਬੇਨਤੀ ਆਪ ਸੁਣ ਲਈ, ਸਦਾ ਹੀ ਪਰਮਾਤਮਾ ਦਾ ਨਾਮ ਜਪ ਕੇ ਉਸ ਮਨੁੱਖ ਨੂੰ ਆਤਮਕ ਆਨੰਦ ਬਣ ਗਏ, ਉਸ ਦੇ ਸਾਰੇ ਦੁੱਖ ਨਾਸ ਹੋ ਗਏ ।੨।੧੩।੪੪।

ਧਨਾਸਰੀ ਮਹਲਾ ੫ ॥ ਚਤੁਰ ਦਿਸਾ ਕੀਨੋ ਬਲੁ ਅਪਨਾ ਸਿਰ ਊਪਰਿ ਕਰੁ ਧਾਰਿਓ ॥ ਕ੍ਰਿਪਾ ਕਟਾਖ੍ਯ੍ਯ ਅਵਲੋਕਨੁ ਕੀਨੋ ਦਾਸ ਕਾ ਦੂਖੁ ਬਿਦਾਰਿਓ ॥੧॥ ਹਰਿ ਜਨ ਰਾਖੇ ਗੁਰ ਗੋਵਿੰਦ ॥ ਕੰਠਿ ਲਾਇ ਅਵਗੁਣ ਸਭਿ ਮੇਟੇ ਦਇਆਲ ਪੁਰਖ ਬਖਸੰਦ ॥ ਰਹਾਉ ॥ ਜੋ ਮਾਗਹਿ ਠਾਕੁਰ ਅਪੁਨੇ ਤੇ ਸੋਈ ਸੋਈ ਦੇਵੈ ॥ ਨਾਨਕ ਦਾਸੁ ਮੁਖ ਤੇ ਜੋ ਬੋਲੈ ਈਹਾ ਊਹਾ ਸਚੁ ਹੋਵੈ ॥੨॥੧੪॥੪੫॥ {ਪੰਨਾ 681}

ਪਦਅਰਥ:- ਚਤੁਰ—ਚਾਰ । ਦਿਸਾ—ਤਰਫ਼ਾਂ, ਪਾਸੇ । ਬਲੁ—ਸ਼ਕਤੀ । ਕਰੁ—ਹੱਥ {ਇਕ-ਵਚਨ} ।

ਕਟਾਖੵ—ਨਿਗਾਹ । ਅਵਲੋਕਨੁ—ਵੇਖਣ । ਅਵਲੋਕਨੁ ਕੀਨੋ—ਵੇਖਿਆ । ਬਿਦਾਰਿਓ—ਦੂਰ ਕਰ ਦਿੱਤਾ ।੧।

ਜਨ—ਸੇਵਕ, ਦਾਸ {ਬਹੁ-ਵਚਨ} । ਗੁਰ ਗੋਵਿੰਦ—ਵੱਡੇ ਮਾਲਕ ਨੇ । ਗੋਵਿੰਦ—ਪ੍ਰਿਥਵੀ ਦਾ ਮਾਲਕ । ਕੰਠਿ—ਗਲ ਨਾਲ । ਲਾਇ—ਲਾ ਕੇ । ਸਭਿ—ਸਾਰੇ । ਪੁਰਖ—ਸਰਬ-ਵਿਆਪਕ ।ਰਹਾਉ।

ਮਾਗਹਿ—ਮੰਗਦੇ ਹਨ । ਤੇ—ਤੋਂ । ਮੁਖ ਤੇ—ਮੂੰਹੋਂ । ਈਹਾ—ਇਸ ਲੋਕ ਵਿਚ । ਊਹਾ—ਪਰਲੋਕ ਵਿਚ । ਸਚੁ—ਸਦਾ-ਥਿਰ ਰਹਿਣ ਵਾਲਾ ਬਚਨ, ਅਟੱਲ ਬਚਨ ।੨।

ਅਰਥ:- ਹੇ ਭਾਈ! ਪਰਮਾਤਮਾ ਆਪਣੇ ਸੇਵਕਾਂ ਦੀ (ਸਦਾ) ਰਾਖੀ ਕਰਦਾ ਹੈ । (ਸੇਵਕਾਂ ਨੂੰ ਆਪਣੇ) ਗਲ ਨਾਲ ਲਾ ਕੇ ਦਇਆ-ਦਾ-ਘਰ ਸਰਬ-ਵਿਆਪਕ ਬਖ਼ਸ਼ਣਹਾਰ ਪ੍ਰਭੂ ਉਹਨਾਂ ਦੇ ਸਾਰੇ ਔਗੁਣ ਮਿਟਾ ਦੇਂਦਾ ਹੈ ।ਰਹਾਉ।

ਹੇ ਭਾਈ! ਜਿਸ ਪ੍ਰਭੂ ਨੇ ਚੌਹੀਂ ਪਾਸੀਂ (ਸਾਰੀ ਸ੍ਰਿਸ਼ਟੀ ਵਿਚ) ਆਪਣੀ ਕਲਾ ਵਰਤਾਈ ਹੋਈ ਹੈ, ਉਸ ਨੇ (ਆਪਣੇ ਦਾਸ ਦੇ) ਸਿਰ ਉੱਤੇ ਸਦਾ ਹੀ ਆਪਣਾ ਹੱਥ ਰੱਖਿਆ ਹੋਇਆ ਹੈ । ਮੇਹਰ ਦੀ ਨਿਗਾਹ ਨਾਲ ਆਪਣੇ ਦਾਸ ਵੱਲ ਤੱਕਦਾ ਹੈ, ਤੇ, ਉਸ ਦਾ ਹਰੇਕ ਦੁੱਖ ਦੂਰ ਕਰ ਦੇਂਦਾ ਹੈ ।੧।

ਹੇ ਭਾਈ! ਪ੍ਰਭੂ ਦੇ ਦਾਸ ਆਪਣੇ ਪ੍ਰਭੂ ਪਾਸੋਂ ਜੋ ਕੁਝ ਮੰਗਦੇ ਹਨ ਉਹ ਉਹੀ ਕੁਝ ਉਹਨਾਂ ਨੂੰ ਦੇਂਦਾ ਹੈ । ਹੇ ਨਾਨਕ! (ਪ੍ਰਭੂ ਦਾ) ਸੇਵਕ ਜੋ ਕੁਝ ਮੂੰਹੋਂ ਬੋਲਦਾ ਹੈ, ਉਹ ਇਸ ਲੋਕ ਵਿਚ ਪਰਲੋਕ ਵਿਚ ਅਟੱਲ ਹੋ ਜਾਂਦਾ ਹੈ ।੨।੧੪।੪੫।

ਧਨਾਸਰੀ ਮਹਲਾ ੫ ॥ ਅਉਖੀ ਘੜੀ ਨ ਦੇਖਣ ਦੇਈ ਅਪਨਾ ਬਿਰਦੁ ਸਮਾਲੇ ॥ ਹਾਥ ਦੇਇ ਰਾਖੈ ਅਪਨੇ ਕਉ ਸਾਸਿ ਸਾਸਿ ਪ੍ਰਤਿਪਾਲੇ ॥੧॥ ਪ੍ਰਭ ਸਿਉ ਲਾਗਿ ਰਹਿਓ ਮੇਰਾ ਚੀਤੁ ॥ ਆਦਿ ਅੰਤਿ ਪ੍ਰਭੁ ਸਦਾ ਸਹਾਈ ਧੰਨੁ ਹਮਾਰਾ ਮੀਤੁ ॥ ਰਹਾਉ ॥ ਮਨਿ ਬਿਲਾਸ ਭਏ ਸਾਹਿਬ ਕੇ ਅਚਰਜ ਦੇਖਿ ਬਡਾਈ ॥ ਹਰਿ ਸਿਮਰਿ ਸਿਮਰਿ ਆਨਦ ਕਰਿ ਨਾਨਕ ਪ੍ਰਭਿ ਪੂਰਨ ਪੈਜ ਰਖਾਈ ॥੨॥੧੫॥੪੬॥ {ਪੰਨਾ 682}

ਪਦਅਰਥ:- ਅਉਖੀ—ਦੁੱਖ ਦੇਣ ਵਾਲੀ । ਦੇਈ—ਦੇਂਦਾ । ਬਿਰਦੁ—ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ । ਸਮਾਲੇ—ਚੇਤੇ ਰੱਖਦਾ ਹੈ । ਦੇਇ—ਦੇ ਕੇ । ਰਾਖੈ—ਰੱਖਿਆ ਕਰਦਾ ਹੈ । ਕਉ—ਨੂੰ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ ।੧।

ਸਿਉ—ਨਾਲ । ਆਦਿ ਅੰਤਿ—ਸ਼ੁਰੂ ਤੋਂ ਅਖ਼ੀਰ ਤਕ, ਸਦਾ ਹੀ । ਸਹਾਈ—ਮਦਦਗਾਰ । ਧੰਨੁ—ਸਲਾਹੁਣ ਜੋਗ ।ਰਹਾਉ।

ਮਨਿ—ਮਨ ਵਿਚ । ਬਿਲਾਸ—ਖ਼ੁਸ਼ੀਆਂ । ਦੇਖਿ—ਵੇਖ ਕੇ । ਸਿਮਰਿ—ਸਿਮਰ ਕੇ । ਕਰਿ—ਮਾਣ । ਪ੍ਰਭਿ—ਪ੍ਰਭੂ ਨੇ । ਪੈਜ—ਇੱਜ਼ਤ ।੨।

ਅਰਥ:- ਹੇ ਭਾਈ! ਮੇਰਾ ਮਨ (ਭੀ) ਉਸ ਪ੍ਰਭੂ ਨਾਲ ਜੁੜਿਆ ਰਹਿੰਦਾ ਹੈ, ਜੋ ਸ਼ੁਰੂ ਤੋਂ ਅਖ਼ੀਰ ਤਕ ਸਦਾ ਹੀ ਮਦਦਗਾਰ ਬਣਿਆ ਰਹਿੰਦਾ ਹੈ । ਸਾਡਾ ਉਹ ਮਿੱਤਰ ਪ੍ਰਭੂ ਧੰਨ ਹੈ (ਉਸ ਦੀ ਸਦਾ ਸਿਫ਼ਤਿ ਕਰਨੀ ਚਾਹੀਦੀ ਹੈ) ।ਰਹਾਉ।

ਹੇ ਭਾਈ! (ਉਹ ਪ੍ਰਭੂ ਆਪਣੇ ਸੇਵਕ ਨੂੰ) ਕੋਈ ਦੁੱਖ ਦੇਣ ਵਾਲਾ ਸਮਾ ਨਹੀਂ ਵੇਖਣ ਦੇਂਦਾ, ਉਹ ਆਪਣਾ

ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ਸਦਾ ਚੇਤੇ ਰੱਖਦਾ ਹੈ । ਪ੍ਰਭੂ ਆਪਣਾ ਹੱਥ ਦੇ ਕੇ ਆਪਣੇ ਸੇਵਕ ਦੀ ਰਾਖੀ ਕਰਦਾ ਹੈ, (ਸੇਵਕ ਨੂੰ ਉਸ ਦੇ) ਹਰੇਕ ਸਾਹ ਦੇ ਨਾਲ ਪਾਲਦਾ ਰਹਿੰਦਾ ਹੈ ।੧।

ਹੇ ਭਾਈ! ਮਾਲਕ-ਪ੍ਰਭੂ ਦੇ ਹੈਰਾਨ ਕਰਨ ਵਾਲੇ ਕੌਤਕ ਵੇਖ ਕੇ, ਉਸ ਦੀ ਵਡਿਆਈ ਵੇਖ ਕੇ, (ਸੇਵਕ ਦੇ) ਮਨ ਵਿਚ (ਭੀ) ਖ਼ੁਸ਼ੀਆਂ ਬਣੀਆਂ ਰਹਿੰਦੀਆਂ ਹਨ । ਹੇ ਨਾਨਕ! ਤੂੰ ਭੀ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਤਮਕ ਆਨੰਦ ਮਾਣ । (ਜਿਸ ਭੀ ਮਨੁੱਖ ਨੇ ਸਿਮਰਨ ਕੀਤਾ) ਪ੍ਰਭੂ ਨੇ ਪੂਰੇ ਤੌਰ ਤੇ ਉਸ ਦੀ ਇੱਜ਼ਤ ਰੱਖ ਲਈ ।੨।੧੫।੪੬।

ਧਨਾਸਰੀ ਮਹਲਾ ੫ ॥ ਜਿਸ ਕਉ ਬਿਸਰੈ ਪ੍ਰਾਨਪਤਿ ਦਾਤਾ ਸੋਈ ਗਨਹੁ ਅਭਾਗਾ ॥ ਚਰਨ ਕਮਲ ਜਾ ਕਾ ਮਨੁ ਰਾਗਿਓ ਅਮਿਅ ਸਰੋਵਰ ਪਾਗਾ ॥੧॥ ਤੇਰਾ ਜਨੁ ਰਾਮ ਨਾਮ ਰੰਗਿ ਜਾਗਾ ॥ ਆਲਸੁ ਛੀਜਿ ਗਇਆ ਸਭੁ ਤਨ ਤੇ ਪ੍ਰੀਤਮ ਸਿਉ ਮਨੁ ਲਾਗਾ ॥ ਰਹਾਉ ॥ ਜਹ ਜਹ ਪੇਖਉ ਤਹ ਨਾਰਾਇਣ ਸਗਲ ਘਟਾ ਮਹਿ ਤਾਗਾ ॥ ਨਾਮ ਉਦਕੁ ਪੀਵਤ ਜਨ ਨਾਨਕ ਤਿਆਗੇ ਸਭਿ ਅਨੁਰਾਗਾ ॥੨॥੧੬॥੪੭॥ {ਪੰਨਾ 682}

ਪਦਅਰਥ:- ਜਿਸ ਕਉ—(ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ) । ਪ੍ਰਾਨ ਪਤਿ—ਜਿੰਦ ਦਾ ਮਾਲਕ । ਗਨਹੁ—ਜਾਣੋ, ਸਮਝੋ । ਅਭਾਗਾ—ਭਾਗ-ਹੀਣ, ਬਦ-ਕਿਸਮਤ । ਰਾਗਿਓ—ਪ੍ਰੇਮੀ ਹੋ ਗਿਆ । ਪਾਗਾ—ਪ੍ਰਾਪਤ ਕੀਤਾ ।੧।

ਜਨੁ—ਦਾਸ । ਰੰਗਿ—ਪ੍ਰੇਮ ਵਿਚ । ਜਾਗਾ—ਸੁਚੇਤ ਰਹਿੰਦਾ ਹੈ । ਛੀਜਿ ਗਇਆ—ਮੁੱਕ ਗਿਆ ।ਰਹਾਉ।

ਜਹ ਜਹ—ਜਿੱਥੇ ਜਿੱਥੇ । ਪੇਖਉ—ਪੇਖਉਂ, ਮੈਂ ਵੇਖਦਾ ਹਾਂ । ਤਹ—ਉੱਥੇ । ਘਟਾ ਮਹਿ—ਸਰੀਰਾਂ ਵਿਚ । ਤਾਗਾ—ਧਾਗਾ (ਜਿਵੇਂ ਮਣਕਿਆਂ ਵਿਚ ਧਾਗਾ ਪ੍ਰੋਇਆ ਹੁੰਦਾ ਹੈ) । ਉਦਕੁ—ਪਾਣੀ, ਜਲ । ਪੀਵਤ—ਪੀਂਦਿਆਂ । ਸਭਿ—(ਹੋਰ) ਸਾਰੇ । ਅਨੁਰਾਗਾ—ਪਿਆਰ ।੨।

ਅਰਥ:- ਹੇ ਪ੍ਰਭੂ! ਤੇਰਾ ਸੇਵਕ ਤੇਰੇ ਨਾਮ-ਰੰਗ ਵਿਚ ਟਿਕ ਕੇ (ਮਾਇਆ ਦੇ ਮੋਹ ਵਲੋਂ ਸਦਾ) ਸੁਚੇਤ ਰਹਿੰਦਾ ਹੈ । ਉਸ ਦੇ ਸਰੀਰ ਵਿਚੋਂ ਸਾਰਾ ਆਲਸ ਮੁੱਕ ਜਾਂਦਾ ਹੈ, ਉਸ ਦਾ ਮਨ, (ਹੇ ਭਾਈ!) ਪ੍ਰੀਤਮ-ਪ੍ਰਭੂ ਨਾਲ ਜੁੜਿਆ ਰਹਿੰਦਾ ਹੈ ।ਰਹਾਉ।

ਹੇ ਭਾਈ! ਉਸ ਮਨੁੱਖ ਨੂੰ ਬਦ-ਕਿਸਮਤ ਸਮਝੋ, ਜਿਸ ਨੂੰ ਜਿੰਦ ਦਾ ਮਾਲਕ-ਪ੍ਰਭੂ ਵਿਸਰ ਜਾਂਦਾ ਹੈ । ਜਿਸ ਮਨੁੱਖ ਦਾ ਮਨ ਪਰਮਾਤਮਾ ਦੇ ਕੋਮਲ ਚਰਨਾਂ ਦਾ ਪ੍ਰੇਮੀ ਹੋ ਜਾਂਦਾ ਹੈ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦਾ ਸਰੋਵਰ ਲੱਭ ਲੈਂਦਾ ਹੈ ।੧।

ਹੇ ਭਾਈ! (ਉਸ ਦੇ ਸਿਮਰਨ ਦੀ ਬਰਕਤਿ ਨਾਲ) ਮੈਂ (ਭੀ) ਜਿਧਰ ਜਿਧਰ ਵੇਖਦਾ ਹਾਂ, ਉਥੇ ਉਥੇ ਪਰਮਾਤਮਾ ਹੀ ਸਾਰੇ ਸਰੀਰਾਂ ਵਿਚ ਮੌਜੂਦ ਦਿੱਸਦਾ ਹੈ ਜਿਵੇਂ ਧਾਗਾ (ਸਾਰੇ ਮਣਕਿਆਂ ਵਿਚ ਪ੍ਰੋਇਆ ਹੁੰਦਾ ਹੈ) । ਹੇ ਨਾਨਕ! ਪ੍ਰਭੂ ਦੇ ਦਾਸ ਉਸ ਦਾ ਨਾਮ-ਜਲ ਪੀਂਦਿਆਂ ਹੀ ਹੋਰ ਸਾਰੇ ਮੋਹ-ਪਿਆਰ ਛੱਡ ਦੇਂਦੇ ਹਨ ।੨।੧੬।੪੭।

ਧਨਾਸਰੀ ਮਹਲਾ ੫ ॥ ਜਨ ਕੇ ਪੂਰਨ ਹੋਏ ਕਾਮ ॥ ਕਲੀ ਕਾਲ ਮਹਾ ਬਿਖਿਆ ਮਹਿ ਲਜਾ ਰਾਖੀ ਰਾਮ ॥੧॥ ਰਹਾਉ ॥ ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪੁਨਾ ਨਿਕਟਿ ਨ ਆਵੈ ਜਾਮ ॥ ਮੁਕਤਿ

ਬੈਕੁੰਠ ਸਾਧ ਕੀ ਸੰਗਤਿ ਜਨ ਪਾਇਓ ਹਰਿ ਕਾ ਧਾਮ ॥੧॥ ਚਰਨ ਕਮਲ ਹਰਿ ਜਨ ਕੀ ਥਾਤੀ ਕੋਟਿ ਸੂਖ ਬਿਸ੍ਰਾਮ ॥ ਗੋਬਿੰਦੁ ਦਮੋਦਰ ਸਿਮਰਉ ਦਿਨ ਰੈਨਿ ਨਾਨਕ ਸਦ ਕੁਰਬਾਨ ॥੨॥੧੭॥੪੮॥ {ਪੰਨਾ 682}

ਪਦਅਰਥ:- ਪੂਰਨ—ਸਫਲ । ਕਲੀ ਕਾਲ ਮਹਿ—ਝਗੜਿਆਂ-ਭਰੇ ਸੰਸਾਰ ਵਿਚ । ਮਹਾ ਬਿਖਿਆ ਮਹਿ—ਵੱਡੀ (ਮੋਹਣੀ) ਮਾਇਆ ਵਿਚ । ਲਜਾ—ਸ਼ਰਮ, ਇੱਜ਼ਤ, ਲਾਜ ।੧।ਰਹਾਉ।

ਸਿਮਰਿ—ਸਿਮਰ ਕੇ । ਨਿਕਟਿ—ਨੇੜੇ । ਜਾਮ—ਜਮ, ਮੌਤ, ਆਤਮਕ ਮੌਤ । ਮੁਕਤਿ—ਵਿਕਾਰਾਂ ਤੋਂ ਖ਼ਲਾਸੀ । ਬੈਕੁੰਠ—ਸੁਰਗ । ਧਾਮ—ਘਰ ।੧।

ਥਾਤੀ—{i0Qiq} ਆਸਰਾ । ਕੋਟਿ—ਕ੍ਰੋੜਾਂ । ਬਿਸ੍ਰਾਮ—ਟਿਕਾਣਾ । ਸਿਮਰਉ—ਸਿਮਰਉਂ, ਮੈਂ ਸਿਮਰਦਾ ਹਾਂ । ਰੈਨਿ—ਰਾਤ । ਸਦ—ਸਦਾ ।੨।

ਅਰਥ:- ਹੇ ਭਾਈ! ਪਰਮਾਤਮਾ ਦੇ ਸੇਵਕ ਦੇ ਸਾਰੇ ਕੰਮ ਸਫਲ ਹੋ ਜਾਂਦੇ ਹਨ । ਇਸ ਝੰਬੇਲਿਆਂ-ਭਰੇ ਸੰਸਾਰ ਵਿਚ, ਇਸ ਵੱਡੀ (ਮੋਹਣੀ) ਮਾਇਆ ਵਿਚ, ਪਰਮਾਤਮਾ (ਆਪਣੇ ਸੇਵਕਾਂ ਦੀ) ਇੱਜ਼ਤ ਰੱਖ ਲੈਂਦਾ ਹੈ ।੧।ਰਹਾਉ।

ਹੇ ਭਾਈ! ਆਪਣੇ ਮਾਲਕ-ਪ੍ਰਭੂ ਦਾ ਨਾਮ ਮੁੜ ਮੁੜ ਸਿਮਰ ਕੇ (ਸੇਵਕਾਂ ਦੇ) ਨੇੜੇ ਆਤਮਕ ਮੌਤ ਨਹੀਂ ਢੁਕਦੀ । ਸੇਵਕ ਗੁਰੂ ਦੀ ਸੰਗਤਿ ਪ੍ਰਾਪਤ ਕਰ ਲੈਂਦੇ ਹਨ ਜੇਹੜੀ ਪਰਮਾਤਮਾ ਦਾ ਘਰ ਹੈ । (ਇਹ ਸਾਧ ਸੰਗਤਿ ਹੀ ਉਹਨਾਂ ਵਾਸਤੇ) ਵਿਸ਼ਨੂ ਦੀ ਪੁਰੀ ਹੈ, ਵਿਕਾਰਾਂ ਤੋਂ ਖ਼ਲਾਸੀ (ਪਾਣ ਦੀ ਥਾਂ) ਹੈ ।੧।

ਹੇ ਭਾਈ! ਪ੍ਰਭੂ ਦੇ ਸੇਵਕਾਂ ਵਾਸਤੇ ਪ੍ਰਭੂ ਦੇ ਚਰਨ ਹੀ ਆਸਰਾ ਹਨ, ਕ੍ਰੋੜਾਂ ਸੁਖਾਂ ਦਾ ਟਿਕਾਣਾ ਹਨ । ਹੇ ਨਾਨਕ! (ਆਖ—ਹੇ ਭਾਈ!) ਮੈਂ (ਭੀ) ਉਸ ਗੋਬਿੰਦ ਨੂੰ ਦਮੋਦਰ ਨੂੰ ਦਿਨ ਰਾਤ ਸਿਮਰਦਾ ਰਹਿੰਦਾ ਹਾਂ, ਤੇ, ਉਸ ਤੋਂ ਸਦਕੇ ਜਾਂਦਾ ਹਾਂ ।੨।੧੭।੪੮।

ਧਨਾਸਰੀ ਮਹਲਾ ੫ ॥ ਮਾਂਗਉ ਰਾਮ ਤੇ ਇਕੁ ਦਾਨੁ ॥ ਸਗਲ ਮਨੋਰਥ ਪੂਰਨ ਹੋਵਹਿ ਸਿਮਰਉ ਤੁਮਰਾ ਨਾਮੁ ॥੧॥ ਰਹਾਉ ॥ ਚਰਨ ਤੁਮ੍ਾਰੇ ਹਿਰਦੈ ਵਾਸਹਿ ਸੰਤਨ ਕਾ ਸੰਗੁ ਪਾਵਉ ॥ ਸੋਗ ਅਗਨਿ ਮਹਿ ਮਨੁ ਨ ਵਿਆਪੈ ਆਠ ਪਹਰ ਗੁਣ ਗਾਵਉ ॥੧॥ ਸ੍ਵਸਤਿ ਬਿਵਸਥਾ ਹਰਿ ਕੀ ਸੇਵਾ ਮਧੵੰਤ ਪ੍ਰਭ ਜਾਪਣ ॥ ਨਾਨਕ ਰੰਗੁ ਲਗਾ ਪਰਮੇਸਰ ਬਾਹੁੜਿ ਜਨਮ ਨ ਛਾਪਣ ॥੨॥੧੮॥੪੯॥ {ਪੰਨਾ 682}

ਪਦਅਰਥ:- ਮਾਂਗਉ—ਮਾਂਗਉਂ, ਮੈਂ ਮੰਗਦਾ ਹਾਂ । ਤੇ—ਤੋਂ । ਸਿਮਰਉ—ਸਿਮਰਉਂ, ਮੈਂ ਸਿਮਰਦਾ ਰਹਾਂ । ਮਨੋਰਥ—ਮੁਰਾਦਾਂ ।੧।ਰਹਾਉ।

ਵਾਸਹਿ—ਵੱਸਦੇ ਰਹਿਣ । ਹਿਰਦੈ—ਹਿਰਦੇ ਵਿਚ । ਸੰਗੁ—ਸਾਥ, ਸੰਗਤਿ । ਪਾਵਉ—ਪਾਵਉਂ, ਮੈਂ ਪ੍ਰਾਪਤ ਕਰਾਂ । ਸੋਗ—ਚਿੰਤਾ, ਗ਼ਮ । ਮਹਿ—ਵਿਚ । ਨ ਵਿਆਪੈ—ਨਹੀਂ ਫਸਦਾ । ਗਾਵਉ—ਗਾਵਉਂ ।੧।

ਸ੍ਵਸਤਿ—ਸ਼ਾਂਤੀ, ਸੁਖ । ਬਿਵਸਥਾ—ਅਵਸਥਾ, ਹਾਲਤ । ਸੇਵਾ—ਸੇਵਾ-ਭਗਤੀ । ਮਧੵੰਤ—ਵਿਚਕਾਰ ਤੋਂ ਅਖ਼ੀਰ ਤਕ, ਸਦਾ ਹੀ । ਜਾਪਣ—ਜਪਣ ਨਾਲ । ਰੰਗੁ—ਪਿਆਰ । ਬਾਹੁੜਿ—ਮੁੜ । ਛਾਪਣ—ਮੌਤ, ਛੁਪਣਾ ।੨।

ਅਰਥ:- ਹੇ ਭਾਈ! ਮੈਂ ਪਰਮਾਤਮਾ ਪਾਸੋਂ ਇਕ ਖ਼ੈਰ ਮੰਗਦਾ ਹਾਂ (ਪਰਮਾਤਮਾ ਅੱਗੇ ਮੈਂ ਬੇਨਤੀ ਕਰਦਾ ਹਾਂ—) ਹੇ ਪ੍ਰਭੂ! ਮੈਂ ਤੇਰਾ ਨਾਮ (ਸਦਾ) ਸਿਮਰਦਾ ਰਹਾਂ, (ਤੇਰੇ ਸਿਮਰਨ ਦੀ ਬਰਕਤਿ ਨਾਲ) ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ ।੧।ਰਹਾਉ।

ਹੇ ਪ੍ਰਭੂ! ਤੇਰੇ ਚਰਨ ਮੇਰੇ ਹਿਰਦੇ ਵਿਚ ਵੱਸਦੇ ਰਹਿਣ, ਮੈਂ ਤੇਰੇ ਸੰਤ ਜਨਾਂ ਦੀ ਸੰਗਤਿ ਹਾਸਲ ਕਰ ਲਵਾਂ, ਮੈਂ ਅੱਠੇ ਪਹਰ ਤੇਰੇ ਗੁਣ ਗਾਂਦਾ ਰਹਾਂ । (ਤੇਰੀ ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਮਨ ਚਿੰਤਾ ਦੀ ਅੱਗ ਵਿਚ ਨਹੀਂ ਫਸਦਾ ।੧।

ਹੇ ਨਾਨਕ! ਸਦਾ ਪ੍ਰਭੂ ਦਾ ਨਾਮ ਜਪਣ ਨਾਲ, ਹਰੀ ਦੀ ਸੇਵਾ-ਭਗਤੀ ਕਰਨ ਨਾਲ (ਮਨ ਵਿਚ) ਸ਼ਾਂਤੀ ਦੀ ਹਾਲਤ ਬਣੀ ਰਹਿੰਦੀ ਹੈ । ਜਿਸ ਮਨੁੱਖ (ਦੇ ਮਨ ਵਿਚ) ਪਰਮਾਤਮਾ ਦਾ ਪਿਆਰ ਬਣ ਜਾਏ ਉਹ ਮੁੜ ਮੁੜ ਜਨਮ ਮਰਨ (ਦੇ ਗੇੜ) ਵਿਚ ਨਹੀਂ ਆਉਂਦਾ ।੨।੧੮।੪੯।

ਧਨਾਸਰੀ ਮਹਲਾ ੫ ॥ ਮਾਂਗਉ ਰਾਮ ਤੇ ਸਭਿ ਥੋਕ ॥ ਮਾਨੁਖ ਕਉ ਜਾਚਤ ਸ੍ਰਮੁ ਪਾਈਐ ਪ੍ਰਭ ਕੈ ਸਿਮਰਨਿ ਮੋਖ ॥੧॥ ਰਹਾਉ ॥ ਘੋਖੇ ਮੁਨਿ ਜਨ ਸਿੰਮ੍ਰਿਤਿ ਪੁਰਾਨਾਂ ਬੇਦ ਪੁਕਾਰਹਿ ਘੋਖ ॥ ਕ੍ਰਿਪਾ ਸਿੰਧੁ ਸੇਵਿ ਸਚੁ ਪਾਈਐ ਦੋਵੈ ਸੁਹੇਲੇ ਲੋਕ ॥੧॥ ਆਨ ਅਚਾਰ ਬਿਉਹਾਰ ਹੈ ਜੇਤੇ ਬਿਨੁ ਹਰਿ ਸਿਮਰਨ ਫੋਕ ॥ ਨਾਨਕ ਜਨਮ ਮਰਣ ਭੈ ਕਾਟੇ ਮਿਲਿ ਸਾਧੂ ਬਿਨਸੇ ਸੋਕ ॥੨॥੧੯॥੫੦॥ {ਪੰਨਾ 682}

ਪਦਅਰਥ:- ਮਾਂਗਉ—ਮਾਂਗਉਂ, ਮੈਂ ਮੰਗਦਾ ਹਾਂ । ਤੇ—ਤੋਂ । ਸਭਿ—ਸਾਰੇ । ਥੋਕ—ਪਦਾਰਥ । ਕਉ—ਨੂੰ । ਜਾਚਤ—ਮੰਗਦਿਆਂ । ਸ੍ਰਮੁ—ਥਕਾਵਟ, ਖੇਚਲ । ਕੈ ਸਿਮਰਨਿ—ਦੇ ਸਿਮਰਨ ਦੀ ਰਾਹੀਂ । ਮੋਖ—(ਮਾਇਆ ਦੇ ਮੋਹ ਤੋਂ) ਖ਼ਲਾਸੀ ।੧।ਰਹਾਉ।

ਘੋਖੇ—ਗਹੁ ਨਾਲ ਵਿਚਾਰੇ । ਮੁਨਿ ਜਨ—ਰਿਸ਼ੀ ਮੁਨੀ । ਪੁਕਾਰਹਿ—ਉੱਚੀ ਉੱਚੀ ਪੜ੍ਹਦੇ ਹਨ । ਘੋਖ—ਘੋਖਿ, ਗਹੁ ਨਾਲ ਵਿਚਾਰ ਕੇ । ਸਿੰਧੁ—ਸਮੁੰਦਰ । ਸੇਵਿ—ਸੇਵ ਕੇ, ਸਰਨ ਪੈ ਕੇ । ਸਚੁ—ਸਦਾ-ਥਿਰ ਹਰਿ-ਨਾਮ । ਸੁਹੇਲੇ—ਸੌਖੇ ।੧।

ਆਨ—{ANX} ਹੋਰ । ਅਚਾਰ—ਧਾਰਮਿਕ ਰਸਮਾਂ । ਬਿਉਹਾਰ—ਵਿਹਾਰ । ਜੇਤੇ—ਜਿਤਨੇ ਭੀ । ਫੋਕ—ਫੋਕੇ, ਵਿਅਰਥ । ਭੈ—(ਲਫ਼ਜ਼ 'ਭਉ' ਤੋਂ ਬਹੁ-ਵਚਨ) ਸਾਰੇ ਡਰ । ਮਿਲਿ—ਮਿਲ ਕੇ । ਸਾਧੂ—ਗੁਰੂ । ਸੋਕ—ਚਿੰਤਾ, ਗ਼ਮ ।੨।

ਅਰਥ:- ਹੇ ਭਾਈ! ਮੈਂ (ਤਾਂ) ਸਾਰੇ ਪਦਾਰਥ ਪਰਮਾਤਮਾ ਤੋਂ (ਹੀ) ਮੰਗਦਾ ਹਾਂ । ਮਨੁੱਖਾਂ ਪਾਸੋਂ ਮੰਗਦਿਆਂ ਨਿਰੀ ਖੇਚਲ ਹੀ ਹਾਸਲ ਹੁੰਦੀ ਹੈ, (ਦੂਜੇ ਪਾਸੇ,) ਪਰਮਾਤਮਾ ਦੇ ਸਿਮਰਨ ਦੀ ਰਾਹੀਂ (ਪਦਾਰਥ ਭੀ ਮਿਲਦੇ ਹਨ, ਤੇ) ਮਾਇਆ ਦੇ ਮੋਹ ਤੋਂ ਖ਼ਲਾਸੀ (ਭੀ) ਪ੍ਰਾਪਤ ਹੋ ਜਾਂਦੀ ਹੈ ।੧।ਰਹਾਉ।

ਹੇ ਭਾਈ! ਰਿਸ਼ੀਆਂ ਨੇ ਸਿੰਮ੍ਰਿਤੀਆਂ ਪੁਰਾਣ ਗਹੁ ਨਾਲ ਵਿਚਾਰ ਵੇਖੇ, ਵੇਦਾਂ ਨੂੰ (ਭੀ) ਵਿਚਾਰ ਕੇ ਉੱਚੀ ਉੱਚੀ ਪੜ੍ਹਦੇ ਹਨ, (ਪਰ) ਕਿਰਪਾ ਦੇ ਸਮੁੰਦਰ ਪਰਮਾਤਮਾ ਦੀ ਸਰਨ ਪੈ ਕੇ ਹੀ ਉਸ ਦਾ ਸਦਾ-ਥਿਰ ਨਾਮ ਪ੍ਰਾਪਤ ਹੁੰਦਾ ਹੈ (ਜਿਸ ਦੀ ਬਰਕਤਿ ਨਾਲ) ਲੋਕ ਪਰਲੋਕ ਦੋਵੇਂ ਹੀ ਸੁਖਦਾਈ ਹੋ ਜਾਂਦੇ ਹਨ ।੧।

ਹੇ ਭਾਈ! ਪਰਮਾਤਮਾ ਦੇ ਸਿਮਰਨ ਤੋਂ ਬਿਨਾ ਜਿਤਨੇ ਭੀ ਹੋਰ ਧਾਰਮਿਕ ਰਿਵਾਜ ਤੇ ਵਿਹਾਰ ਹਨ ਸਾਰੇ ਵਿਅਰਥ ਹਨ । ਹੇ ਨਾਨਕ! ਗੁਰੂ ਨੂੰ ਮਿਲ ਕੇ ਜਨਮ ਮਰਨ ਦੇ ਸਾਰੇ ਡਰ ਕੱਟੇ ਜਾਂਦੇ ਹਨ, ਤੇ ਸਾਰੇ ਚਿੰਤਾ-

ਫ਼ਿਕਰ ਨਾਸ ਹੋ ਜਾਂਦੇ ਹਨ ।੨।੧੯।੫੦।

ਧਨਾਸਰੀ ਮਹਲਾ ੫ ॥ ਤ੍ਰਿਸਨਾ ਬੁਝੈ ਹਰਿ ਕੈ ਨਾਮਿ ॥ ਮਹਾ ਸੰਤੋਖੁ ਹੋਵੈ ਗੁਰ ਬਚਨੀ ਪ੍ਰਭ ਸਿਉ ਲਾਗੈ ਪੂਰਨ ਧਿਆਨੁ ॥੧॥ ਰਹਾਉ ॥ ਮਹਾ ਕਲੋਲ ਬੁਝਹਿ ਮਾਇਆ ਕੇ ਕਰਿ ਕਿਰਪਾ ਮੇਰੇ ਦੀਨ ਦਇਆਲ ॥ ਅਪਣਾ ਨਾਮੁ ਦੇਹਿ ਜਪਿ ਜੀਵਾ ਪੂਰਨ ਹੋਇ ਦਾਸ ਕੀ ਘਾਲ ॥੧॥ ਸਰਬ ਮਨੋਰਥ ਰਾਜ ਸੂਖ ਰਸ ਸਦ ਖੁਸੀਆ ਕੀਰਤਨੁ ਜਪਿ ਨਾਮ ॥ ਜਿਸ ਕੈ ਕਰਮਿ ਲਿਖਿਆ ਧੁਰਿ ਕਰਤੈ ਨਾਨਕ ਜਨ ਕੇ ਪੂਰਨ ਕਾਮ ॥੨॥੨੦॥੫੧॥ {ਪੰਨਾ 682-683}

ਪਦਅਰਥ:- ਕੈ ਨਾਮਿ—ਦੇ ਨਾਮ ਦੀ ਰਾਹੀਂ । ਗੁਰ ਬਚਨੀ—ਗੁਰੂ ਦੇ ਬਚਨਾਂ ਉਤੇ ਤੁਰਿਆਂ । ਸਿਉ—ਨਾਲ । ਧਿਆਨੁ—ਲਗਨ ।੧।ਰਹਾਉ।

ਕਲੋਲ—ਚੋਜ ਤਮਾਸ਼ੇ, ਨਖ਼ਰੇ । ਬੁਝਹਿ—ਬੁੱਝ ਜਾਂਦੇ ਹਨ, ਪ੍ਰਭਾਵ ਨਹੀਂ ਪਾ ਸਕਦੇ । ਦੀਨ ਦਇਆਲ—ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਜਪਿ—ਜਪ ਕੇ । ਜੀਵਾ—ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਾਂ । ਪੂਰਨ—ਸਫਲ । ਘਾਲ—ਮੇਹਨਤ ।੧।

ਸਰਬ—ਸਾਰੇ । ਮਨੋਰਥ—ਮੁਰਾਦਾਂ । ਸਦ—ਸਦਾ । ਜਪਿ—ਜਪ ਕੇ । ਜਿਸ ਕੈ ਕਰਮਿ—ਜਿਸ ਦੀ ਕਿਸਮਤਿ ਵਿਚ {ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕੈ' ਦੇ ਕਾਰਨ ਉੱਡ ਗਿਆ ਹੈ} । ਧੁਰਿ—ਧੁਰ ਦਰਗਾਹ ਤੋਂ । ਕਰਤੈ—ਕਰਤਾਰ ਨੇ । ਪੂਰਨ—ਸਫਲ ।੨।

ਅਰਥ:- ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਜੁੜਿਆਂ (ਮਾਇਆ ਦੀ) ਤ੍ਰੇਹ ਬੁੱਝ ਜਾਂਦੀ ਹੈ । ਗੁਰੂ ਦੀ ਬਾਣੀ ਦਾ ਆਸਰਾ ਲਿਆਂ (ਮਨ ਵਿਚ) ਬੜਾ ਸੰਤੋਖ ਪੈਦਾ ਹੋ ਜਾਂਦਾ ਹੈ, ਤੇ, ਪਰਮਾਤਮਾ ਦੇ ਚਰਨਾਂ ਵਿਚ ਪੂਰੇ ਤੌਰ ਤੇ ਸੁਰਤਿ ਜੁੜ ਜਾਂਦੀ ਹੈ ।੧।ਰਹਾਉ।

ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਪ੍ਰਭੂ! ਜਿਸ ਮਨੁੱਖ ਉਤੇ ਤੂੰ ਕਿਰਪਾ ਕਰਦਾ ਹੈਂ, ਮਾਇਆ ਦੇ ਰੰਗ-ਤਮਾਸ਼ੇ ਉਸ ਉੱਤੇ ਪ੍ਰਭਾਵ ਨਹੀਂ ਪਾ ਸਕਦੇ । ਹੇ ਪ੍ਰਭੂ! (ਮੈਨੂੰ ਭੀ) ਆਪਣਾ ਨਾਮ ਬਖ਼ਸ਼, ਤੇਰਾ ਨਾਮ ਜਪ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰ ਸਕਾਂ, ਤੇਰੇ (ਇਸ) ਦਾਸ ਦੀ ਮੇਹਨਤ ਸਫਲ ਹੋ ਜਾਏ ।੧।

ਹੇ ਭਾਈ! ਪਰਮਾਤਮਾ ਦਾ ਨਾਮ ਜਪ ਕੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ ਕੇ ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ (ਮਾਨੋ) ਰਾਜ ਦੇ ਸੁਖ ਤੇ ਰਸ ਮਿਲ ਜਾਂਦੇ ਹਨ, ਸਦਾ ਆਨੰਦ ਬਣਿਆ ਰਹਿੰਦਾ ਹੈ । (ਪਰ) ਹੇ ਨਾਨਕ! ਕਰਤਾਰ ਨੇ ਜਿਸ ਮਨੁੱਖ ਦੀ ਕਿਸਮਤ ਵਿਚ ਧੁਰ ਦਰਗਾਹ ਤੋਂ (ਇਹ ਨਾਮ ਦੀ ਦਾਤਿ) ਲਿਖ ਦਿੱਤੀ, ਉਸ ਮਨੁੱਖ ਦੇ (ਹੀ) ਸਾਰੇ ਕਾਰਜ ਸਫਲ ਹੁੰਦੇ ਹਨ ।੨।੨੦।੫੧।

ਧਨਾਸਰੀ ਮਃ ੫ ॥ ਜਨ ਕੀ ਕੀਨੀ ਪਾਰਬ੍ਰਹਮਿ ਸਾਰ ॥ ਨਿੰਦਕ ਟਿਕਨੁ ਨ ਪਾਵਨਿ ਮੂਲੇ ਊਡਿ ਗਏ ਬੇਕਾਰ ॥੧॥ ਰਹਾਉ ॥ ਜਹ ਜਹ ਦੇਖਉ ਤਹ ਤਹ ਸੁਆਮੀ ਕੋਇ ਨ ਪਹੁਚਨਹਾਰ ॥ ਜੋ ਜੋ ਕਰੈ ਅਵਗਿਆ ਜਨ ਕੀ ਹੋਇ ਗਇਆ ਤਤ ਛਾਰ ॥੧॥ ਕਰਨਹਾਰੁ ਰਖਵਾਲਾ ਹੋਆ ਜਾ ਕਾ ਅੰਤੁ ਨ ਪਾਰਾਵਾਰ ॥ ਨਾਨਕ ਦਾਸ ਰਖੇ ਪ੍ਰਭਿ ਅਪੁਨੈ ਨਿੰਦਕ ਕਾਢੇ ਮਾਰਿ ॥੨॥੨੧॥੫੨॥ {ਪੰਨਾ 683}

ਪਦਅਰਥ:- ਪਾਰਬ੍ਰਹਮਿ—ਪਾਰਬ੍ਰਹਮ ਨੇ । ਸਾਰ—ਸੰਭਾਲ । ਟਿਕਨੁ ਨ ਪਾਵਨਿ—(ਸੇਵਕ ਦੇ ਟਾਕਰੇ ਤੇ) ਟਿਕਾਉ ਹਾਸਲ ਨਹੀਂ ਕਰ ਸਕਦੇ, ਅੜ ਨਹੀਂ ਸਕਦੇ । ਮੂਲੇ—ਉੱਕਾ ਹੀ । ਬੇਕਾਰ—ਨਕਾਰਾ (ਹੋ ਕੇ)

।੧।ਰਹਾਉ।

ਜਹ ਜਹ—ਜਿੱਥੇ ਜਿੱਥੇ । ਦੇਖਉ—ਦੇਖਉਂ, ਮੈਂ ਵੇਖਦਾ ਹਾਂ । ਪਹੁਚਨਹਾਰ—ਬਰਾਬਰੀ ਕਰ ਸਕਣ ਜੋਗਾ । ਜੋ ਜੋ—ਜੇਹੜਾ ਜੇਹੜਾ ਮਨੁੱਖ । ਅਵਗਿਆ—ਨਿਰਾਦਰੀ । ਤਤ—ਤੁਰਤ । ਛਾਰ—ਸੁਆਹ ।੧।

ਜਾ ਕਾ—ਜਿਸ (ਕਰਨਹਾਰ ਪ੍ਰਭੂ) ਦਾ । ਪ੍ਰਭਿ—ਪ੍ਰਭੂ ਨੇ । ਮਾਰਿ—ਮਾਰ ਕੇ, ਆਤਮਕ ਮੌਤੇ ਮਾਰ ਕੇ ।੨।

ਅਰਥ:- ਹੇ ਭਾਈ! ਪਰਮਾਤਮਾ ਨੇ (ਸਦਾ ਹੀ) ਆਪਣੇ ਸੇਵਕਾਂ ਦੀ ਸੰਭਾਲ ਕੀਤੀ ਹੈ । (ਉਹਨਾਂ ਦੀ) ਨਿੰਦਾ ਕਰਨ ਵਾਲੇ ਉਹਨਾਂ ਦੇ ਟਾਕਰੇ ਤੇ ਉੱਕਾ ਹੀ ਅੜ ਨਹੀਂ ਸਕਦੇ । (ਜਿਵੇਂ ਹਵਾ ਦੇ ਅੱਗੇ ਬੱਦਲ ਉੱਡ ਜਾਂਦੇ ਹਨ ਤਿਵੇਂ ਉਹ ਨਿੰਦਕ ਸੇਵਕਾਂ ਦੇ ਟਾਕਰੇ ਤੇ ਸਦਾ) ਨਕਾਰੇ ਹੋ ਕੇ ਉੱਡ ਗਏ ।੧।ਰਹਾਉ।

ਹੇ ਭਾਈ! ਜਿਸ ਪਰਮਾਤਮਾ ਦੀ ਕੋਈ ਭੀ ਬਰਾਬਰੀ ਨਹੀਂ ਕਰ ਸਕਦਾ, ਮੈਂ ਜਿੱਥੇ ਜਿੱਥੇ ਵੇਖਦਾ ਹਾਂ ਉੱਥੇ ਹੀ ਉਹ ਮਾਲਕ-ਪ੍ਰਭੂ ਵੱਸਦਾ ਹੈ, ਉਸ ਦੇ ਸੇਵਕ ਦੀ ਜੇਹੜਾ ਭੀ ਕੋਈ ਮਨੁੱਖ ਨਿਰਾਦਰੀ ਕਰਦਾ ਹੈ, (ਉਹ ਆਤਮਕ ਜੀਵਨ ਵਿਚ) ਤੁਰਤ ਸੁਆਹ ਹੋ ਜਾਂਦਾ ਹੈ ।੧।

ਹੇ ਭਾਈ! ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਦੀ ਹਸਤੀ ਦਾ ਪਾਰਲਾ ਉਰਲਾ ਬੰਨਾ ਨਹੀਂ ਲੱਭ ਸਕਦਾ ਹੈ, ਉਹ ਸਭ ਨੂੰ ਪੈਦਾ ਕਰਨ ਵਾਲਾ ਪਰਮਾਤਮਾ (ਆਪਣੇ ਸੇਵਕਾਂ ਦਾ ਸਦਾ) ਰਾਖਾ ਰਹਿੰਦਾ ਹੈ । ਹੇ ਨਾਨਕ! ਪ੍ਰਭੂ ਨੇ ਆਪਣੇ ਸੇਵਕਾਂ ਦੀ ਸਦਾ ਰਾਖੀ ਕੀਤੀ ਹੈ, ਤੇ; ਉਹਨਾਂ ਦੀ ਨਿੰਦਾ ਕਰਨ ਵਾਲਿਆਂ ਨੂੰ ਆਤਮਕ ਮੌਤੇ ਮਾਰ ਕੇ (ਆਪਣੇ ਦਰ ਤੋਂ) ਕੱਢ ਦਿੱਤਾ ਹੈ ।੨।੨੧।੫੨।

ਧਨਾਸਰੀ ਮਹਲਾ ੫ ਘਰੁ ੯ ਪੜਤਾਲ ੴ ਸਤਿਗੁਰ ਪ੍ਰਸਾਦਿ ॥ ਹਰਿ ਚਰਨ ਸਰਨ ਗੋਬਿੰਦ ਦੁਖ ਭੰਜਨਾ ਦਾਸ ਅਪੁਨੇ ਕਉ ਨਾਮੁ ਦੇਵਹੁ ॥ ਦ੍ਰਿਸਟਿ ਪ੍ਰਭ ਧਾਰਹੁ ਕ੍ਰਿਪਾ ਕਰਿ ਤਾਰਹੁ ਭੁਜਾ ਗਹਿ ਕੂਪ ਤੇ ਕਾਢਿ ਲੇਵਹੁ ॥ ਰਹਾਉ ॥ ਕਾਮ ਕ੍ਰੋਧ ਕਰਿ ਅੰਧ ਮਾਇਆ ਕੇ ਬੰਧ ਅਨਿਕ ਦੋਖਾ ਤਨਿ ਛਾਦਿ ਪੂਰੇ ॥ ਪ੍ਰਭ ਬਿਨਾ ਆਨ ਨ ਰਾਖਨਹਾਰਾ ਨਾਮੁ ਸਿਮਰਾਵਹੁ ਸਰਨਿ ਸੂਰੇ ॥੧॥ ਪਤਿਤ ਉਧਾਰਣਾ ਜੀਅ ਜੰਤ ਤਾਰਣਾ ਬੇਦ ਉਚਾਰ ਨਹੀ ਅੰਤੁ ਪਾਇਓ ॥ ਗੁਣਹ ਸੁਖ ਸਾਗਰਾ ਬ੍ਰਹਮ ਰਤਨਾਗਰਾ ਭਗਤਿ ਵਛਲੁ ਨਾਨਕ ਗਾਇਓ ॥੨॥੧॥੫੩॥ {ਪੰਨਾ 683}

ਪਦਅਰਥ:- ਹਰਿ—ਹੇ ਹਰੀ! ਗੋਬਿੰਦ—ਹੇ ਗੋਬਿੰਦ! ਦੁਖ ਭੰਜਨਾ—ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਕਉ—ਨੂੰ । ਦ੍ਰਿਸਟਿ—ਨਜ਼ਰ । ਪ੍ਰਭ—ਹੇ ਪ੍ਰਭੂ । ਕਰਿ—ਕਰ ਕੇ । ਤਾਰਹੁ—ਪਾਰ ਲੰਘਾ ਲੈ । ਭੁਜਾ—ਬਾਂਹ । ਗਹਿ—ਫੜ ਕੇ । ਕੂਪ ਤੇ—ਖੂਹ ਵਿਚੋਂ ।ਰਹਾਉ।

ਕਰਿ—ਦੇ ਕਾਰਨ । ਅੰਧ—{ਬਹੁ-ਵਚਨ} ਅੰਨ੍ਹੇ ਹੋਏ ਹੋਏ । ਬੰਧ—ਬੰਧਨਾਂ ਵਿਚ । ਦੋਖਾ—ਪਾਪ । ਤਨਿ—ਸਰੀਰ ਵਿਚ । ਛਾਇ—ਛਾਏ ਹੋਏ । ਪੂਰੇ—ਪੂਰੀ ਤਰ੍ਹਾਂ । ਆਨ—{ANX} ਕੋਈ ਹੋਰ । ਸਰਨਿ ਸੂਰੇ—ਹੇ ਸ਼ਰਨ ਦੇ ਸੂਰਮੇ! ਹੇ ਸ਼ਰਨ ਆਇਆਂ ਦੀ ਸਹਾਇਤਾ ਕਰ ਸਕਣ ਵਾਲੇ ।੧।

ਪਤਿਤ ਉਧਾਰਣਾ—ਹੇ ਵਿਕਾਰੀਆਂ ਨੂੰ ਬਚਾਣ ਵਾਲੇ! ਬੇਦ ਉਚਾਰ—ਵੇਦਾਂ ਦਾ ਪਾਠ ਕਰਨ ਵਾਲਿਆਂ ਨੇ । ਗੁਣਹ ਸਾਗਰਾ—ਹੇ ਗੁਣਾਂ ਦੇ ਸਮੁੰਦਰ! ਰਤਨਾਗਰਾ—ਹੇ ਰਤਨਾਂ ਦੀ ਖਾਣ! ਵਛਲੁ—ਪਿਆਰ ਕਰਨ ਵਾਲਾ {vÄs l} । ਨਾਨਕ—ਹੇ ਨਾਨਕ! ।੨।

ਅਰਥ:- ਹੇ ਹਰੀ! ਹੇ ਗੋਬਿੰਦ! ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਆਪਣੇ ਦਾਸ ਨੂੰ ਆਪਣਾ ਨਾਮ ਬਖ਼ਸ਼ । ਹੇ

ਪ੍ਰਭੂ! (ਆਪਣੇ ਦਾਸ ਉੱਤੇ) ਮੇਹਰ ਦੀ ਨਿਗਾਹ ਕਰ, ਕਿਰਪਾ ਕਰ ਕੇ (ਦਾਸ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ, (ਦਾਸ ਦੀ) ਬਾਂਹ ਫੜ ਕੇ (ਦਾਸ ਨੂੰ ਮੋਹ ਦੇ) ਖੂਹ ਵਿਚੋਂ ਕੱਢ ਲੈ ।ਰਹਾਉ।

ਹੇ ਪ੍ਰਭੂ! ਕਾਮ ਕ੍ਰੋਧ (ਆਦਿਕ ਵਿਕਾਰਾਂ) ਦੇ ਕਾਰਨ (ਜੀਵ) ਅੰਨ੍ਹੇ ਹੋਏ ਪਏ ਹਨ, ਮਾਇਆ ਦੇ ਬੰਧਨਾਂ ਵਿਚ ਫਸੇ ਪਏ ਹਨ, ਅਨੇਕਾਂ ਵਿਕਾਰ (ਇਹਨਾਂ ਦੇ) ਸਰੀਰ ਵਿਚ ਪੂਰੇ ਤੌਰ ਤੇ ਪ੍ਰਭਾਵ ਪਾਈ ਬੈਠੇ ਹਨ । ਹੇ ਪ੍ਰਭੂ! ਤੈਥੋਂ ਬਿਨਾ ਕੋਈ ਹੋਰ (ਜੀਵਾਂ ਦੀ ਵਿਕਾਰਾਂ ਤੋਂ) ਰਾਖੀ ਕਰਨ ਜੋਗਾ ਨਹੀਂ । ਹੇ ਸ਼ਰਨ ਆਇਆਂ ਦੀ ਲਾਜ ਰੱਖ ਸਕਣ ਵਾਲੇ! ਆਪਣਾ ਨਾਮ ਜਪਾ ।੧।

ਹੇ ਵਿਕਾਰੀਆਂ ਨੂੰ ਬਚਾਣ ਵਾਲੇ! ਹੇ ਸਾਰੇ ਜੀਵਾਂ ਨੂੰ ਪਾਰ ਲੰਘਾਣ ਵਾਲੇ! ਵੇਦਾਂ ਦੇ ਪੜ੍ਹਨ ਵਾਲੇ ਭੀ ਤੇਰੇ ਗੁਣਾਂ ਦਾ ਅੰਤ ਨਹੀਂ ਪਾ ਸਕੇ । ਹੇ ਨਾਨਕ! (ਆਖ—) ਹੇ ਗੁਣਾਂ ਦੇ ਸਮੁੰਦਰ! ਹੇ ਸੁਖਾਂ ਦੇ ਸਮੁੰਦਰ! ਹੇ ਰਤਨਾਂ ਦੀ ਖਾਣ ਪਾਰਬ੍ਰਹਮ! ਮੈਂ ਤੈਨੂੰ ਭਗਤੀ ਨਾਲ ਪਿਆਰ ਕਰਨ ਵਾਲਾ (ਜਾਣ ਕੇ) ਤੇਰੀ ਸਿਫ਼ਤਿ-ਸਾਲਾਹ ਕਰ ਰਿਹਾ ਹਾਂ ।੨।੧।੫੩।

ਧਨਾਸਰੀ ਮਹਲਾ ੫ ॥ ਹਲਤਿ ਸੁਖੁ ਪਲਤਿ ਸੁਖੁ ਨਿਤ ਸੁਖੁ ਸਿਮਰਨੋ ਨਾਮੁ ਗੋਬਿੰਦ ਕਾ ਸਦਾ ਲੀਜੈ ॥ ਮਿਟਹਿ ਕਮਾਣੇ ਪਾਪ ਚਿਰਾਣੇ ਸਾਧਸੰਗਤਿ ਮਿਲਿ ਮੁਆ ਜੀਜੈ ॥੧॥ ਰਹਾਉ ॥ ਰਾਜ ਜੋਬਨ ਬਿਸਰੰਤ ਹਰਿ ਮਾਇਆ ਮਹਾ ਦੁਖੁ ਏਹੁ ਮਹਾਂਤ ਕਹੈ ॥ ਆਸ ਪਿਆਸ ਰਮਣ ਹਰਿ ਕੀਰਤਨ ਏਹੁ ਪਦਾਰਥੁ ਭਾਗਵੰਤੁ ਲਹੈ ॥੧॥ ਸਰਣਿ ਸਮਰਥ ਅਕਥ ਅਗੋਚਰਾ ਪਤਿਤ ਉਧਾਰਣ ਨਾਮੁ ਤੇਰਾ ॥ ਅੰਤਰਜਾਮੀ ਨਾਨਕ ਕੇ ਸੁਆਮੀ ਸਰਬਤ ਪੂਰਨ ਠਾਕੁਰੁ ਮੇਰਾ ॥੨॥੨॥੫੪॥ {ਪੰਨਾ 683}

ਪਦਅਰਥ:- ਹਲਤਿ—{A>} ਇਸ ਲੋਕ ਵਿਚ । ਪਲਤਿ—{pr>} ਪਰਲੋਕ ਵਿਚ । ਨਿਤ—ਸਦਾ ਹੀ । ਸਿਮਰਨੋ—ਸਿਮਰਨੁ । ਲੀਜੈ—ਲੈਣਾ ਚਾਹੀਦਾ ਹੈ । ਮਿਟਹਿ—ਮਿਟ ਜਾਂਦੇ ਹਨ । ਕਮਾਣੇ ਚਿਰਾਣੇ—ਚਿਰ ਦੇ ਕਮਾਏ ਹੋਏ । ਮਿਲਿ—ਮਿਲ ਕੇ । ਮੁਆ—ਆਤਮਕ ਮੌਤੇ ਮਰਿਆ ਹੋਇਆ । ਜੀਜੈ—ਜੀਊਂ ਪੈਂਦਾ ਹੈ, ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ।੧।ਰਹਾਉ।

ਬਿਸਰੰਤ—ਭੁਲਾ ਦੇਂਦੇ ਹਨ । ਮਹਾ—ਵੱਡਾ । ਏਹੁ—ਇਹ (ਬਚਨ) । ਮਹਾਂਤ—ਵੱਡੀ ਆਤਮਾ ਵਾਲੇ । ਕਹੈ—ਕਹੈਂ । ਪਿਆਸ—ਤਾਂਘ । ਰਮਣ—ਸਿਮਰਨ । ਕੀਰਤਨ—ਸਿਫ਼ਤਿ-ਸਾਲਾਹ । ਭਾਗਵੰਤੁ—ਕਿਸਮਤ ਵਾਲਾ ਮਨੁੱਖ । ਲਹੈ—ਪ੍ਰਾਪਤ ਕਰਦਾ ਹੈ ।੧।

ਸਰਣਿ ਸਮਰਥ—ਹੇ ਸ਼ਰਨ ਆਏ ਦੀ ਸਹਾਇਤਾ ਕਰ ਸਕਣ ਵਾਲੇ! ਅਕਥ—ਹੇ ਐਸੇ ਪ੍ਰਭੂ ਜਿਸ ਦਾ ਸਰੂਪ ਬਿਆਨ ਨਹੀਂ ਹੋ ਸਕਦਾ । ਅਗੋਚਰਾ—ਹੇ ਅਗੋਚਰ! {ਅ-ਗੋ-ਚਰ । ਗੋ—ਗਿਆਨ-ਇੰਦ੍ਰੇ । ਚਰ—ਪਹੁੰਚ} ਗਿਆਨ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲੇ ਹੇ ਪ੍ਰਭੂ! ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਪਤਿਤ ਉਧਾਰਣ—ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ । ਅੰਤਰਜਾਮੀ—ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ! ਸਰਬਤ—{sv>} ਹਰ ਥਾਂ, ਸਭ ਥਾਈਂ ।੨।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਸਦਾ ਸਿਮਰਨਾ ਚਾਹੀਦਾ ਹੈ । ਸਿਮਰਨ ਇਸ ਲੋਕ ਵਿਚ ਪਰਲੋਕ ਵਿਚ ਸਦਾ ਹੀ ਸੁਖ ਦੇਣ ਵਾਲਾ ਹੈ (ਸਿਮਰਨ ਦੀ ਬਰਕਤਿ ਨਾਲ) ਚਿਰਾਂ ਦੇ ਕੀਤੇ ਹੋਏ ਪਾਪ ਮਿਟ ਜਾਂਦੇ ਹਨ । ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ (ਸਿਮਰਨ ਕਰਨ ਨਾਲ) ਆਤਮਕ ਮੌਤੇ ਮਰਿਆ ਹੋਇਆ ਮਨੁੱਖ ਮੁੜ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ।੧।ਰਹਾਉ।

ਹੇ ਭਾਈ! ਰਾਜ ਅਤੇ ਜਵਾਨੀ (ਦੇ ਹੁਲਾਰੇ) ਪਰਮਾਤਮਾ ਦਾ ਨਾਮ ਭੁਲਾ ਦੇਂਦੇ ਹਨ! ਮਾਇਆ ਦਾ ਮੋਹ ਵੱਡਾ ਦੁੱਖ (ਦਾ ਮੂਲ) ਹੈ—ਇਹ ਗੱਲ ਮਹਾ ਪੁਰਖ ਦੱਸਦੇ ਹਨ । ਪਰਮਾਤਮਾ ਦੇ ਨਾਮ ਦੇ ਸਿਮਰਨ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਆਸ ਅਤੇ ਤਾਂਘ—ਇਹ ਕੀਮਤੀ ਚੀਜ਼ ਕੋਈ ਵਿਰਲਾ ਭਾਗਾਂ ਵਾਲਾ ਮਨੁੱਖ ਪ੍ਰਾਪਤ ਕਰਦਾ ਹੈ ।੧।

ਹੇ ਸ਼ਰਨ ਆਏ ਦੀ ਸਹਾਇਤਾ ਕਰਨ ਜੋਗੇ! ਹੇ ਅਕੱਥ! ਹੇ ਅਗੋਚਰ! ਹੇ ਅੰਤਰਜਾਮੀ! ਹੇ ਨਾਨਕ ਦੇ ਮਾਲਕ! ਤੇਰਾ ਨਾਮ ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾ ਲੈਣ ਵਾਲਾ ਹੈ । ਹੇ ਭਾਈ! ਮੇਰਾ ਮਾਲਕ-ਪ੍ਰਭੂ ਸਭ ਥਾਈਂ ਵਿਆਪਕ ਹੈ ।੨।੨।੫੮।

ਧਨਾਸਰੀ ਮਹਲਾ ੫ ਘਰੁ ੧੨ ੴ ਸਤਿਗੁਰ ਪ੍ਰਸਾਦਿ ॥ ਬੰਦਨਾ ਹਰਿ ਬੰਦਨਾ ਗੁਣ ਗਾਵਹੁ ਗੋਪਾਲ ਰਾਇ ॥ ਰਹਾਉ ॥ ਵਡੈ ਭਾਗਿ ਭੇਟੇ ਗੁਰਦੇਵਾ ॥ ਕੋਟਿ ਪਰਾਧ ਮਿਟੇ ਹਰਿ ਸੇਵਾ ॥੧॥ ਚਰਨ ਕਮਲ ਜਾ ਕਾ ਮਨੁ ਰਾਪੈ ॥ ਸੋਗ ਅਗਨਿ ਤਿਸੁ ਜਨ ਨ ਬਿਆਪੈ ॥੨॥ ਸਾਗਰੁ ਤਰਿਆ ਸਾਧੂ ਸੰਗੇ ॥ ਨਿਰਭਉ ਨਾਮੁ ਜਪਹੁ ਹਰਿ ਰੰਗੇ ॥੩॥ ਪਰ ਧਨ ਦੋਖ ਕਿਛੁ ਪਾਪ ਨ ਫੇੜੇ ॥ ਜਮ ਜੰਦਾਰੁ ਨ ਆਵੈ ਨੇੜੇ ॥੪॥ ਤ੍ਰਿਸਨਾ ਅਗਨਿ ਪ੍ਰਭਿ ਆਪਿ ਬੁਝਾਈ ॥ ਨਾਨਕ ਉਧਰੇ ਪ੍ਰਭ ਸਰਣਾਈ ॥੫॥੧॥੫੫॥ {ਪੰਨਾ 683-684}

ਪਦਅਰਥ:- ਬੰਦਨਾ—ਨਮਸਕਾਰ । ਗੁਣ ਗੋਪਾਲ ਰਾਇ—ਪ੍ਰਭੂ ਪਾਤਿਸ਼ਾਹ ਦੇ ਗੁਣ ।ਰਹਾਉ।

ਭਾਗਿ—ਕਿਸਮਤ ਨਾਲ । ਭੇਟੇ—ਮਿਲਦਾ ਹੈ । ਕੋਟਿ—ਕ੍ਰੋੜਾਂ । ਸੇਵਾ—ਭਗਤੀ ।੪।

ਜਾ ਕਾ—ਜਿਸ (ਮਨੁੱਖ) ਦਾ । ਰਾਪੈ—ਰੰਗਿਆ ਜਾਂਦਾ ਹੈ । ਸੋਗ—ਚਿੰਤਾ । ਬਿਆਪੈ—ਜ਼ੋਰ ਪਾਂਦੀ ।੨।

ਸਾਗਰੁ—ਸਮੁੰਦਰ । ਸਾਧੂ—ਗੁਰੂ । ਰੰਗੇ—ਰੰਗਿ, ਪ੍ਰੇਮ ਨਾਲ ।੩।

ਪਰ ਧਨ—ਪਰਾਇਆ ਧਨ । ਦੋਖ—ਐਬ । ਫੇੜੇ—ਮੰਦੇ ਕਰਮ । ਜੰਦਾਰੁ—{ਜੰਦਾਲ} ਅਵੈੜਾ ।੪।

ਪ੍ਰਭਿ—ਪ੍ਰਭੂ ਨੇ । ਉਧਰੇ—(ਵਿਕਾਰਾਂ ਤੋਂ) ਬਚ ਗਏ ।੫।

ਅਰਥ:- ਹੇ ਭਾਈ! ਪਰਮਾਤਮਾ ਨੂੰ ਸਦਾ ਨਮਸਕਾਰ ਕਰਿਆ ਕਰੋ, ਪ੍ਰਭੂ ਪਾਤਿਸ਼ਾਹ ਦੇ ਗੁਣ ਗਾਂਦੇ ਰਹੋ । ਰਹਾਉ।

ਹੇ ਭਾਈ! ਜਿਸ ਮਨੁੱਖ ਨੂੰ ਵੱਡੀ ਕਿਸਮਤ ਨਾਲ ਗੁਰੂ ਮਿਲ ਪੈਂਦਾ ਹੈ, (ਗੁਰੂ ਦੀ ਰਾਹੀਂ) ਪਰਮਾਤਮਾ ਦੀ ਸੇਵਾ-ਭਗਤੀ ਕਰਨ ਨਾਲ ਉਸ ਦੇ ਕ੍ਰੋੜਾਂ ਪਾਪ ਮਿਟ ਜਾਂਦੇ ਹਨ ।੧।

ਹੇ ਭਾਈ! ਜਿਸ ਮਨੁੱਖ ਦਾ ਮਨ ਪਰਮਾਤਮਾ ਦੇ ਸੋਹਣੇ ਚਰਨਾਂ (ਦੇ ਪ੍ਰੇਮ-ਰੰਗ) ਵਿਚ ਰੰਗਿਆ ਜਾਂਦਾ ਹੈ, ਉਸ ਮਨੁੱਖ ਉਤੇ ਚਿੰਤਾ ਦੀ ਅੱਗ ਜ਼ੋਰ ਨਹੀਂ ਪਾ ਸਕਦੀ ।੨।

ਹੇ ਭਾਈ! ਪ੍ਰੇਮ ਨਾਲ ਨਿਰਭਉ ਪ੍ਰਭੂ ਦਾ ਨਾਮ ਜਪਿਆ ਕਰੋ । ਗੁਰੂ ਦੀ ਸੰਗਤਿ ਵਿਚ (ਨਾਮ ਜਪਣ ਦੀ ਬਰਕਤਿ ਨਾਲ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ।੩।

ਹੇ ਭਾਈ! (ਸਿਮਰਨ ਦਾ ਸਦਕਾ) ਪਰਾਏ ਧਨ (ਆਦਿਕ) ਦੇ ਕੋਈ ਐਬ ਪਾਪ ਮੰਦੇ ਕਰਮ ਨਹੀਂ ਹੁੰਦੇ, ਭਿਆਨਕ ਜਮ ਭੀ ਨੇੜੇ ਨਹੀਂ ਢੁਕਦਾ (ਮੌਤ ਦਾ ਡਰ ਨਹੀਂ ਵਿਆਪਦਾ, ਆਤਮਕ ਮੌਤ ਨੇੜੇ ਨਹੀਂ ਆਉਂਦੀ)

।੪।

ਹੇ ਭਾਈ! (ਜੇਹੜੇ ਮਨੁੱਖ ਪ੍ਰਭੂ ਦੇ ਗੁਣ ਗਾਂਦੇ ਹਨ) ਉਹਨਾਂ ਦੀ ਤ੍ਰਿਸ਼ਨਾ ਦੀ ਅੱਗ ਪ੍ਰਭੂ ਨੇ ਆਪ ਬੁਝਾ ਦਿੱਤੀ ਹੈ । ਹੇ ਨਾਨਕ! ਪ੍ਰਭੂ ਦੀ ਸਰਨ ਪੈ ਕੇ (ਅਨੇਕਾਂ ਜੀਵ ਤ੍ਰਿਸ਼ਨਾ ਦੀ ਅੱਗ ਵਿਚੋਂ) ਬਚ ਨਿਕਲਦੇ ਹਨ ।੫।੧।੫੫।

ਧਨਾਸਰੀ ਮਹਲਾ ੫ ॥ ਤ੍ਰਿਪਤਿ ਭਈ ਸਚੁ ਭੋਜਨੁ ਖਾਇਆ ॥ ਮਨਿ ਤਨਿ ਰਸਨਾ ਨਾਮੁ ਧਿਆਇਆ ॥੧॥ ਜੀਵਨਾ ਹਰਿ ਜੀਵਨਾ ॥ ਜੀਵਨੁ ਹਰਿ ਜਪਿ ਸਾਧਸੰਗਿ ॥੧॥ ਰਹਾਉ ॥ ਅਨਿਕ ਪ੍ਰਕਾਰੀ ਬਸਤ੍ਰ ਓਢਾਏ ॥ ਅਨਦਿਨੁ ਕੀਰਤਨੁ ਹਰਿ ਗੁਨ ਗਾਏ ॥੨॥ ਹਸਤੀ ਰਥ ਅਸੁ ਅਸਵਾਰੀ ॥ ਹਰਿ ਕਾ ਮਾਰਗੁ ਰਿਦੈ ਨਿਹਾਰੀ ॥੩॥ ਮਨ ਤਨ ਅੰਤਰਿ ਚਰਨ ਧਿਆਇਆ ॥ ਹਰਿ ਸੁਖ ਨਿਧਾਨ ਨਾਨਕ ਦਾਸਿ ਪਾਇਆ ॥੪॥੨॥੫੬॥ {ਪੰਨਾ 684}

ਪਦਅਰਥ:- ਤ੍ਰਿਪਤਿ—ਰੱਜ, ਸ਼ਾਂਤੀ । ਸਚੁ—ਸਦਾ-ਥਿਰ ਹਰਿ-ਨਾਮ । ਮਨਿ—ਮਨ ਵਿਚ । ਤਨਿ—ਹਿਰਦੇ ਵਿਚ । ਰਸਨਾ—ਜੀਭ (ਨਾਲ) ।੧।

ਜਪਿ—ਜਪਿਆ ਕਰੋ । ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ ।੧।ਰਹਾਉ।

ਅਨਿਕ ਪ੍ਰਕਾਰੀ—ਕਈ ਕਿਸਮਾਂ ਦੇ । ਬਸਤ੍ਰ—ਕੱਪੜੇ । ਓਢਾਏ—ਪਹਿਨ ਲਏ । ਅਨਦਿਨੁ—ਹਰ ਰੋਜ਼, ਹਰ ਵੇਲੇ ।੨।

ਹਸਤੀ—ਹਾਥੀ । ਅਸੁ—{A0v} ਘੋੜੇ । ਮਾਰਗੁ—ਰਸਤਾ । ਰਿਦੈ—ਹਿਰਦੇ ਵਿਚ । ਨਿਹਾਰੀ—ਵੇਖਦਾ ਹੈ ।੩।

ਅੰਤਰਿ—ਅੰਦਰ । ਸੁਖ ਨਿਧਾਨ—ਸੁਖਾਂ ਦਾ ਖ਼ਜ਼ਾਨਾ । ਦਾਸਿ—(ਉਸ) ਦਾਸ ਨੇ ।੪।

ਅਰਥ:- ਹੇ ਭਾਈ! ਸਾਧ ਸੰਗਤਿ ਵਿਚ (ਬੈਠ ਕੇ) ਪਰਮਾਤਮਾ ਦਾ ਨਾਮ ਜਪਿਆ ਕਰੋ—ਇਹੀ ਹੈ ਅਸਲ ਜੀਵਨ, ਇਹੀ ਹੈ ਅਸਲ ਜ਼ਿੰਦਗੀ ।੧।ਰਹਾਉ।

ਹੇ ਭਾਈ! ਜਿਸ ਮਨੁੱਖ ਨੇ ਆਪਣੇ ਮਨ ਵਿਚ, ਹਿਰਦੇ ਵਿਚ, ਜੀਭ ਨਾਲ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰ ਦਿੱਤਾ, ਜਿਸ ਨੇ ਸਦਾ-ਥਿਰ ਹਰਿ-ਨਾਮ (ਦੀ) ਖ਼ੁਰਾਕ ਖਾਣੀ ਸ਼ੁਰੂ ਕਰ ਦਿੱਤੀ ਉਸ ਨੂੰ (ਮਾਇਆ ਦੀ ਤ੍ਰਿਸ਼ਨਾ ਵਲੋਂ) ਸ਼ਾਂਤੀ ਆ ਜਾਂਦੀ ਹੈ ।੧।

ਜੇਹੜਾ ਮਨੁੱਖ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਪ੍ਰਭੂ ਦੇ ਗੁਣ ਗਾਂਦਾ ਹੈ, ਉਸ ਨੇ (ਮਾਨੋ) ਕਈ ਕਿਸਮਾਂ ਦੇ (ਵੰਨ ਸੁਵੰਨੇ) ਕੱਪੜੇ ਪਹਿਨ ਲਏ ਹਨ (ਤੇ ਉਹ ਇਹਨਾਂ ਸੋਹਣੀਆਂ ਪੁਸ਼ਾਕਾਂ ਦਾ ਆਨੰਦ ਮਾਣ ਰਿਹਾ ਹੈ) ।੨।

ਹੇ ਭਾਈ! ਜੇਹੜਾ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਮਿਲਾਪ ਦਾ ਰਾਹ ਤੱਕਦਾ ਰਹਿੰਦਾ ਹੈ, ਉਹ (ਮਾਨੋ) ਹਾਥੀ ਰਥਾਂ ਘੋੜਿਆਂ ਦੀ ਸਵਾਰੀ (ਦਾ ਸੁਖ ਮਾਣ ਰਿਹਾ ਹੈ) ।੩।

ਹੇ ਨਾਨਕ! ਜਿਸ ਮਨੁੱਖ ਨੇ ਆਪਣੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰਨਾ ਸ਼ੁਰੂ ਕਰ ਦਿੱਤਾ ਹੈ, ਉਸ ਦਾਸ ਨੇ ਸੁਖਾਂ ਦੇ ਖ਼ਜ਼ਾਨੇ ਪ੍ਰਭੂ ਨੂੰ ਲੱਭ ਲਿਆ ਹੈ ।੪।੨।੫੬।

ਧਨਾਸਰੀ ਮਹਲਾ ੫ ॥ ਗੁਰ ਕੇ ਚਰਨ ਜੀਅ ਕਾ ਨਿਸਤਾਰਾ ॥ ਸਮੁੰਦੁ ਸਾਗਰੁ ਜਿਨਿ ਖਿਨ ਮਹਿ ਤਾਰਾ ॥੧॥ ਰਹਾਉ ॥ ਕੋਈ ਹੋਆ ਕ੍ਰਮ ਰਤੁ ਕੋਈ ਤੀਰਥ ਨਾਇਆ ॥ ਦਾਸੰੀ ਹਰਿ ਕਾ ਨਾਮੁ ਧਿਆਇਆ ॥੧॥ ਬੰਧਨ ਕਾਟਨਹਾਰੁ ਸੁਆਮੀ ॥ ਜਨ ਨਾਨਕੁ ਸਿਮਰੈ ਅੰਤਰਜਾਮੀ ॥੨॥੩॥੫੭॥ {ਪੰਨਾ 684}

ਪਦਅਰਥ:- ਜੀਅ ਕਾ—ਜਿੰਦ ਦਾ । ਨਿਸਤਾਰਾ—ਪਾਰ-ਉਤਾਰਾ । ਸਾਗਰੁ—ਸਮੁੰਦਰ । ਜਿਨਿ—ਜਿਸ (ਗੁਰੂ) ਨੇ । ਤਾਰਾ—ਪਾਰ ਲੰਘਾ ਦਿੱਤਾ ।੧।ਰਹਾਉ।

ਕ੍ਰਮ—ਕਰਮ, ਧਾਰਮਿਕ ਰਸਮਾਂ, ਕਰਮ ਕਾਂਡ । ਰਤੁ—ਮਸਤ, ਪ੍ਰੇਮੀ । ਤੀਰਥ—ਤੀਰਥਾਂ ਉਤੇ । ਦਾਸੰੀ—ਦਾਸਾਂ ਨੇ ।੧।

ਕਾਟਨਹਾਰੁ—ਕੱਟ ਸਕਣ ਵਾਲਾ । ਸੁਆਮੀ—ਮਾਲਕ । ਨਾਨਕੁ ਸਿਮਰੈ—ਨਾਨਕ ਸਿਮਰਦਾ ਹੈ ।੨।

ਅਰਥ:- ਹੇ ਭਾਈ! ਜਿਸ (ਗੁਰੂ) ਨੇ (ਸਰਨ ਆਏ ਮਨੁੱਖ ਨੂੰ ਸਦਾ) ਇਕ ਛਿਨ ਵਿਚ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ; ਉਸ ਗੁਰੂ ਦੇ ਚਰਨਾਂ ਦਾ ਧਿਆਨ ਜਿੰਦ ਵਾਸਤੇ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਵਸੀਲਾ ਹਨ ।੧।ਰਹਾਉ।

ਹੇ ਭਾਈ! ਕੋਈ ਮਨੁੱਖ ਧਾਰਮਿਕ ਰਸਮਾਂ ਦਾ ਪ੍ਰੇਮੀ ਬਣ ਜਾਂਦਾ ਹੈ; ਕੋਈ ਮਨੁੱਖ ਤੀਰਥਾਂ ਉੱਤੇ ਇਸ਼ਨਾਨ ਕਰਦਾ ਫਿਰਦਾ ਹੈ । ਪਰਮਾਤਮਾ ਦੇ ਦਾਸਾਂ ਨੇ (ਸਦਾ) ਪਰਮਾਤਮਾ ਦਾ ਨਾਮ ਹੀ ਸਿਮਰਿਆ ਹੈ ।੧।

ਹੇ ਭਾਈ! ਦਾਸ ਨਾਨਕ (ਭੀ ਉਸ ਪਰਮਾਤਮਾ ਦਾ ਨਾਮ) ਸਿਮਰਦਾ ਹੈ ਜੋ ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਜੋ ਸਭ ਦਾ ਮਾਲਕ ਹੈ, ਜੋ (ਜੀਵਾਂ ਦੇ ਮਾਇਆ ਦੇ) ਬੰਧਨ ਕੱਟਣ ਦੀ ਸਮਰਥਾ ਰੱਖਦਾ ਹੈ ।੨।੩।੫੭।

ਧਨਾਸਰੀ ਮਹਲਾ ੫ ॥ ਕਿਤੈ ਪ੍ਰਕਾਰਿ ਨ ਤੂਟਉ ਪ੍ਰੀਤਿ ॥ ਦਾਸ ਤੇਰੇ ਕੀ ਨਿਰਮਲ ਰੀਤਿ ॥੧॥ ਰਹਾਉ ॥ ਜੀਅ ਪ੍ਰਾਨ ਮਨ ਧਨ ਤੇ ਪਿਆਰਾ ॥ ਹਉਮੈ ਬੰਧੁ ਹਰਿ ਦੇਵਣਹਾਰਾ ॥੧॥ ਚਰਨ ਕਮਲ ਸਿਉ ਲਾਗਉ ਨੇਹੁ ॥ ਨਾਨਕ ਕੀ ਬੇਨੰਤੀ ਏਹ ॥੨॥੪॥੫੮॥ {ਪੰਨਾ 684}

ਪਦਅਰਥ:- ਕਿਤੈ ਪ੍ਰਕਾਰਿ—ਕਿਸੇ ਤਰ੍ਹਾਂ ਭੀ । ਨ ਤੂਟਉ—ਟੁੱਟ ਨਾਹ ਜਾਏ । ਨਿਰਮਲ—ਪਵਿਤ੍ਰ । ਰੀਤਿ—ਜੀਵਨ-ਜੁਗਤਿ, ਜੀਵਨ-ਮਰਯਾਦਾ, ਰਹਿਣੀ-ਬਹਿਣੀ ।੧।ਰਹਾਉ।

ਜੀਅ ਤੇ—ਜਿੰਦ ਨਾਲੋਂ । ਬੰਧੁ—ਰੋਕ, ਬੰਨ੍ਹ । ਦੇਵਣਹਾਰਾ—ਦੇਣ-ਜੋਗਾ ।੧।

ਸਿਉ—ਨਾਲ । ਲਾਗਉ—ਲੱਗੀ ਰਹੇ । ਨੇਹੁ—ਪਿਆਰ, ਪ੍ਰੀਤਿ ।੨।

ਅਰਥ:- ਹੇ ਪ੍ਰਭੂ! ਤੇਰੇ ਦਾਸਾਂ ਦੀ ਰਹਿਣੀ-ਬਹਿਣੀ ਪਵਿਤ੍ਰ ਰਹਿੰਦੀ ਹੈ, ਤਾ ਕਿ ਕਿਸੇ ਤਰ੍ਹਾਂ ਭੀ (ਉਹਨਾਂ ਦੀ ਤੇਰੇ ਨਾਲੋਂ) ਪ੍ਰੀਤਿ ਟੁੱਟ ਨਾਹ ਜਾਏ ।੧।ਰਹਾਉ।

ਹੇ ਭਾਈ! ਪਰਮਾਤਮਾ ਦੇ ਦਾਸਾਂ ਨੂੰ ਆਪਣੀ ਜਿੰਦ ਨਾਲੋਂ, ਪ੍ਰਾਣਾਂ ਨਾਲੋਂ, ਮਨ ਨਾਲੋਂ, ਧਨ ਨਾਲੋਂ, ਉਹ ਪਰਮਾਤਮਾ ਸਦਾ ਪਿਆਰਾ ਲੱਗਦਾ ਹੈ ਜੋ ਹਉਮੈ ਦੇ ਰਾਹ ਵਿਚ ਬੰਨ੍ਹ ਮਾਰਨ ਦੀ ਸਮਰਥਾ ਰੱਖਦਾ ਹੈ ।੧।

ਹੇ ਭਾਈ! ਨਾਨਕ ਦੀ (ਭੀ ਪਰਮਾਤਮਾ ਦੇ ਦਰ ਤੇ ਸਦਾ) ਇਹੀ ਅਰਦਾਸ ਹੈ ਕਿ ਉਸ ਦੇ ਸੋਹਣੇ ਚਰਨਾਂ ਨਾਲ (ਨਾਨਕ ਦਾ) ਪਿਆਰ ਬਣਿਆ ਰਹੇ ।੨।੪।੫੮।

ੴ ਸਤਿਗੁਰ ਪ੍ਰਸਾਦਿ ॥ ਧਨਾਸਰੀ ਮਹਲਾ ੯ ॥ ਕਾਹੇ ਰੇ ਬਨ ਖੋਜਨ ਜਾਈ ॥ ਸਰਬ ਨਿਵਾਸੀ ਸਦਾ ਅਲੇਪਾ ਤੋਹੀ ਸੰਗਿ ਸਮਾਈ ॥੧॥ ਰਹਾਉ ॥ ਪੁਹਪ ਮਧਿ ਜਿਉ ਬਾਸੁ ਬਸਤੁ ਹੈ ਮੁਕਰ ਮਾਹਿ ਜੈਸੇ ਛਾਈ ॥ ਤੈਸੇ ਹੀ ਹਰਿ ਬਸੇ ਨਿਰੰਤਰਿ ਘਟ ਹੀ ਖੋਜਹੁ ਭਾਈ ॥੧॥ ਬਾਹਰਿ ਭੀਤਰਿ ਏਕੋ ਜਾਨਹੁ ਇਹੁ ਗੁਰ ਗਿਆਨੁ ਬਤਾਈ ॥ ਜਨ ਨਾਨਕ ਬਿਨੁ ਆਪਾ ਚੀਨੈ ਮਿਟੈ ਨ ਭ੍ਰਮ ਕੀ ਕਾਈ ॥੨॥੧॥ {ਪੰਨਾ 684}

ਪਦਅਰਥ:- ਕਾਹੇ—ਕਾਹਦੇ ਵਾਸਤੇ? ਰੇ—ਹੇ ਭਾਈ! ਬਨ—ਜੰਗਲਾਂ ਵਿਚ । ਬਨਿ—ਜੰਗਲ ਵਿਚ । ਨਿਵਾਸੀ—ਵੱਸਣ ਵਾਲਾ । ਅਲੇਪਾ—ਨਿਰਲੇਪ, ਮਾਇਆ ਦੇ ਪ੍ਰਭਾਵ ਤੋਂ ਸੁਤੰਤਰ । ਤੋਹੀ ਸੰਗਿ—ਤੋ ਸੰਗਿ ਹੀ, ਤੇਰੇ ਨਾਲ ਹੀ ।੧।ਰਹਾਉ।

ਪੁਹਪ—ਫੁੱਲ । ਮਧਿ—ਵਿਚ । ਬਾਸੁ—ਸੁਗੰਧੀ । ਮੁਕਰ—ਸ਼ੀਸ਼ਾ । ਛਾਈ—ਛਾਇਆ, ਅਕਸ । ਨਿਰੰਤਰਿ—ਬਿਨਾ ਵਿੱਥ ਦੇ; ਹਰ ਥਾਂ, ਸਭਨਾਂ ਵਿਚ । ਘਟ ਹੀ—ਘਟਿ ਹੀ, ਹਿਰਦੇ ਵਿਚ ਹੀ {ਲਫ਼ਜ਼ 'ਘਟਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} । ਭਾਈ—ਹੇ ਭਾਈ! ।੧।

ਭੀਤਰਿ—(ਆਪਣੇ ਸਰੀਰ ਦੇ) ਅੰਦਰ । ਗੁਰ ਗਿਆਨੁ—ਗੁਰੂ ਦਾ ਗਿਆਨ । ਗੁਰਿ—ਗੁਰੂ ਨੇ । ਆਪਾ—ਆਪਣਾ ਆਪ, ਆਪਣਾ ਆਤਮਕ ਜੀਵਨ । ਬਿਨੁ ਚੀਨੈ—ਪਰਖਣ ਤੋਂ ਬਿਨਾ । ਭ੍ਰਮ—ਭਟਕਣਾ । ਕਾਈ—ਹਰੇ ਰੰਗ ਦਾ ਜਾਲਾ ਜੋ ਉਸ ਥਾਂ ਲੱਗ ਜਾਂਦਾ ਹੈ ਜਿੱਥੇ ਪਾਣੀ ਕਾਫ਼ੀ ਚਿਰ ਖਲੋਤਾ ਰਹੇ । ਇਸ ਜਾਲੇ ਦੇ ਕਾਰਨ ਪਾਣੀ ਜ਼ਮੀਨ ਵਿਚ ਰਚ ਨਹੀਂ ਸਕਦਾ । ਇਸੇ ਤਰ੍ਹਾਂ ਭਟਕਣਾ ਦੇ ਜਾਲੇ ਦੇ ਕਾਰਨ ਪਾਣੀ ਜ਼ਮੀਨ ਮਨ ਦੇ ਅੰਦਰ ਅਸਰ ਨਹੀਂ ਕਰਦੀ ।੨।

ਅਰਥ:- ਹੇ ਭਾਈ! (ਪਰਮਾਤਮਾ ਨੂੰ) ਲੱਭਣ ਵਾਸਤੇ ਤੂੰ ਜੰਗਲਾਂ ਵਿਚ ਕਿਉਂ ਜਾਂਦਾ ਹੈਂ? ਪਰਮਾਤਮਾ ਸਭ ਵਿਚ ਵੱਸਣ ਵਾਲਾ ਹੈ, (ਫਿਰ ਭੀ) ਸਦਾ (ਮਾਇਆ ਦੇ ਪ੍ਰਭਾਵ ਤੋਂ) ਨਿਰਲੇਪ ਰਹਿੰਦਾ ਹੈ । ਉਹ ਪਰਮਾਤਮਾ ਤੇਰੇ ਨਾਲ ਹੀ ਵੱਸਦਾ ਹੈ ।੧।ਰਹਾਉ।

ਹੇ ਭਾਈ! ਜਿਵੇਂ ਫੁੱਲ ਵਿਚ ਸੁਗੰਧੀ ਵੱਸਦੀ ਹੈ, ਜਿਵੇਂ ਸ਼ੀਸ਼ੇ ਵਿਚ (ਸ਼ੀਸ਼ਾ ਵੇਖਣ ਵਾਲੇ ਦਾ) ਅਕਸ ਵੱਸਦਾ ਹੈ, ਤਿਵੇਂ ਪਰਮਾਤਮਾ ਇਕ-ਰਸ ਸਭਨਾਂ ਦੇ ਅੰਦਰ ਵੱਸਦਾ ਹੈ । (ਇਸ ਵਾਸਤੇ, ਉਸ ਨੂੰ) ਆਪਣੇ ਹਿਰਦੇ ਵਿਚ ਹੀ ਲੱਭ ।੧।

ਹੇ ਭਾਈ! ਗੁਰੂ ਦਾ (ਆਤਮਕ ਜੀਵਨ ਦਾ) ਉਪਦੇਸ਼ ਇਹ ਦੱਸਦਾ ਹੈ ਕਿ (ਆਪਣੇ ਸਰੀਰ ਦੇ) ਅੰਦਰ (ਅਤੇ ਆਪਣੇ ਸਰੀਰ ਤੋਂ) ਬਾਹਰ (ਹਰ ਥਾਂ) ਇਕ ਪਰਮਾਤਮਾ ਨੂੰ (ਵੱਸਦਾ) ਸਮਝੋ । ਹੇ ਦਾਸ ਨਾਨਕ! ਆਪਣਾ ਆਤਮਕ ਜੀਵਨ ਪਰਖਣ ਤੋਂ ਬਿਨਾ (ਮਨ ਉੱਤੋਂ) ਭਟਕਣਾ ਦਾ ਜਾਲਾ ਦੂਰ ਨਹੀਂ ਹੋ ਸਕਦਾ (ਤੇ, ਉਤਨਾ ਚਿਰ ਸਰਬ-ਵਿਆਪਕ ਪਰਮਾਤਮਾ ਦੀ ਸੂਝ ਨਹੀਂ ਆ ਸਕਦੀ) ।੨।੧।

ਧਨਾਸਰੀ ਮਹਲਾ ੯ ॥ ਸਾਧੋ ਇਹੁ ਜਗੁ ਭਰਮ ਭੁਲਾਨਾ ॥ ਰਾਮ ਨਾਮ ਕਾ ਸਿਮਰਨੁ ਛੋਡਿਆ ਮਾਇਆ ਹਾਥਿ ਬਿਕਾਨਾ ॥੧॥ ਰਹਾਉ ॥ ਮਾਤ ਪਿਤਾ ਭਾਈ ਸੁਤ ਬਨਿਤਾ ਤਾ ਕੈ ਰਸਿ ਲਪਟਾਨਾ ॥ ਜੋਬਨੁ ਧਨੁ ਪ੍ਰਭਤਾ ਕੈ ਮਦ ਮੈ ਅਹਿਨਿਸਿ ਰਹੈ ਦਿਵਾਨਾ ॥੧॥ ਦੀਨ ਦਇਆਲ ਸਦਾ ਦੁਖ

ਭੰਜਨ ਤਾ ਸਿਉ ਮਨੁ ਨ ਲਗਾਨਾ ॥ ਜਨ ਨਾਨਕ ਕੋਟਨ ਮੈ ਕਿਨਹੂ ਗੁਰਮੁਖਿ ਹੋਇ ਪਛਾਨਾ ॥੨॥੨॥ {ਪੰਨਾ 684}

ਪਦਅਰਥ:- ਸਾਧੋ—ਹੇ ਸੰਤ ਜਨੋ! ਭਰਮਿ—(ਮਾਇਆ ਦੀ) ਭਟਕਣਾ ਵਿਚ (ਪੈ ਕੇ) । ਭੁਲਾਨਾ—ਕੁਰਾਹੇ ਪਿਆ ਹੋਇਆ ਹੈ । ਹਾਥਿ—ਹੱਥ ਵਿਚ । ਬਿਕਾਨਾ—ਵਿਕਿਆ ਹੋਇਆ ਹੈ ।੧।ਰਹਾਉ।

ਸੁਤ—ਪੁੱਤਰ । ਬਨਿਤਾ—ਇਸਤ੍ਰੀ । ਤਾ ਕੈ ਰਸਿ—ਉਹਨਾਂ ਦੇ ਮੋਹ ਵਿਚ । ਲਪਟਾਨਾ—ਫਸਿਆ ਰਹਿੰਦਾ ਹੈ । ਜੋਬਨੁ—ਜਵਾਨੀ । ਪ੍ਰਭਤਾ—ਤਾਕਤ, ਹੁਕੂਮਤ । ਮਦ—ਨਸ਼ਾ । ਮੈ—ਵਿਚ । ਅਹਿ—ਦਿਨ । ਨਿਸਿ—ਰਾਤ । ਦਿਵਾਨਾ—ਪਾਗਲ, ਝੱਲਾ ।੧।

ਦੁਖ ਭੰਜਨ—ਦੁੱਖਾਂ ਦਾ ਨਾਸ ਕਰਨ ਵਾਲਾ । ਸਿਉ—ਨਾਲ । ਨਾਨਕ—ਹੇ ਨਾਨਕ! ਕੋਟਨ ਮੈ—ਕ੍ਰੋੜਾਂ ਵਿਚ । ਕਿਨਹੂ—ਕਿਸੇ ਵਿਰਲੇ ਨੇ । ਗੁਰਮੁਖਿ ਹੋਇ—ਗੁਰੂ ਦੀ ਸਰਨ ਪੈ ਕੇ ।੨।

ਅਰਥ:- ਹੇ ਸੰਤ ਜਨੋ! ਇਹ ਜਗਤ (ਮਾਇਆ ਦੀ) ਭਟਕਣਾ ਵਿਚ (ਪੈ ਕੇ) ਕੁਰਾਹੇ ਪਿਆ ਰਹਿੰਦਾ ਹੈ । ਪ੍ਰਭੂ ਦੇ ਨਾਮ ਦਾ ਸਿਮਰਨ ਛੱਡੀ ਰੱਖਦਾ ਹੈ, ਤੇ, ਮਾਇਆ ਦੇ ਹੱਥ ਵਿਚ ਵਿਕਿਆ ਰਹਿੰਦਾ ਹੈ (ਮਾਇਆ ਦੇ ਵੱਟੇ ਆਤਮਕ ਜੀਵਨ ਗਵਾ ਦੇਂਦਾ ਹੈ) ।੧।ਰਹਾਉ।

ਹੇ ਸੰਤ ਜਨੋ! ਮਾਂ, ਪਿਉ, ਭਰਾ, ਪੁੱਤਰ, ਇਸਤ੍ਰੀ—(ਭੁੱਲਾ ਹੋਇਆ ਜਗਤ) ਇਹਨਾਂ ਦੇ ਮੋਹ ਵਿਚ ਫਸਿਆ ਰਹਿੰਦਾ ਹੈ । ਜਵਾਨੀ, ਧਨ, ਤਾਕਤ ਦੇ ਨਸ਼ੇ ਵਿਚ ਜਗਤ ਦਿਨ ਰਾਤ ਝੱਲਾ ਹੋਇਆ ਰਹਿੰਦਾ ਹੈ ।੧।

ਜੇਹੜਾ ਪਰਮਾਤਮਾ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਜੇਹੜਾ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਜਗਤ ਉਸ ਨਾਲ ਆਪਣਾ ਮਨ ਨਹੀਂ ਜੋੜਦਾ । ਹੇ ਦਾਸ ਨਾਨਕ! (ਆਖ—) ਕ੍ਰੋੜਾਂ ਵਿਚੋਂ ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਨਾਲ ਸਾਂਝ ਪਾਈ ਹੈ ।੨।੨।

ਧਨਾਸਰੀ ਮਹਲਾ ੯ ॥ ਤਿਹ ਜੋਗੀ ਕਉ ਜੁਗਤਿ ਨ ਜਾਨਉ ॥ ਲੋਭ ਮੋਹ ਮਾਇਆ ਮਮਤਾ ਫੁਨਿ ਜਿਹ ਘਟਿ ਮਾਹਿ ਪਛਾਨਉ ॥੧॥ ਰਹਾਉ ॥ ਪਰ ਨਿੰਦਾ ਉਸਤਤਿ ਨਹ ਜਾ ਕੈ ਕੰਚਨ ਲੋਹ ਸਮਾਨੋ ॥ ਹਰਖ ਸੋਗ ਤੇ ਰਹੈ ਅਤੀਤਾ ਜੋਗੀ ਤਾਹਿ ਬਖਾਨੋ ॥੧॥ ਚੰਚਲ ਮਨੁ ਦਹ ਦਿਸਿ ਕਉ ਧਾਵਤ ਅਚਲ ਜਾਹਿ ਠਹਰਾਨੋ ॥ ਕਹੁ ਨਾਨਕ ਇਹ ਬਿਧਿ ਕੋ ਜੋ ਨਰੁ ਮੁਕਤਿ ਤਾਹਿ ਤੁਮ ਮਾਨੋ ॥੨॥੩॥ {ਪੰਨਾ 685}

ਪਦਅਰਥ:- ਤਿਹ ਜੋਗੀ ਕਉ—ਉਸ ਜੋਗੀ ਨੂੰ । ਜੁਗਤਿ—ਸਹੀ ਜੀਵਨ-ਜਾਚ । ਜਾਨਉ—ਜਾਨਉਂ, ਮੈਂ ਸਮਝਦਾ ਹਾਂ । ਫੁਨਿ—ਫਿਰ, ਅਤੇ । ਜਿਹ ਘਟ ਮਾਹਿ—ਜਿਸ (ਜੋਗੀ) ਦੇ ਹਿਰਦੇ ਵਿਚ । ਪਛਾਨਉ—ਪਛਾਨਉਂ, ਮੈਂ ਪਛਾਣਦਾ ਹਾਂ ।੧।ਰਹਾਉ।

ਜਾ ਕੈ—ਜਿਸ ਦੇ ਹਿਰਦੇ ਵਿਚ । ਕੰਚਨੁ—ਸੋਨਾ । ਲੋਹ—ਲੋਹਾ । ਸਮਾਨੋ—ਇਕੋ ਜਿਹਾ । ਹਰਖ—ਖ਼ੁਸ਼ੀ । ਸੋਗ—ਗ਼ਮ । ਤੇ—ਤੋਂ । ਅਤੀਤਾ—ਵਿਰਕਤ, ਪਰੇ । ਤਾਹਿ—ਉਸ ਨੂੰ ਹੀ । ਬਖਾਨੋ—ਬਖਾਨੁ, ਆਖ ।੧।

ਚੰਚਲ—ਭਟਕਣ ਵਾਲਾ । ਦਹ—ਦਸ । ਦਿਸਿ—ਪਾਸਾ । ਕਉ—ਨੂੰ, ਵਲ । ਜਾਹਿ—ਜਿਸ ਨੇ । ਅਚਲੁ—ਅਡੋਲ । ਕੋ—ਦਾ । ਇਹ ਬਿਧਿ ਕੋ—ਇਸ ਕਿਸਮ ਦਾ । ਮੁਕਤਿ—ਵਿਕਾਰਾਂ ਤੋਂ ਖ਼ਲਾਸੀ । ਮਾਨੋ—ਮਾਨੁ, ਸਮਝ ।੨।

ਅਰਥ:- ਹੇ ਭਾਈ! ਜਿਸ (ਜੋਗੀ) ਦੇ ਹਿਰਦੇ ਵਿਚ ਮੈਂ ਲੋਭ ਮਾਇਆ ਦੇ ਮੋਹ ਅਤੇ ਮਮਤਾ (ਦੀਆਂ ਲਹਰਾਂ ਉੱਠ ਰਹੀਆਂ) ਵੇਖਦਾ ਹਾਂ, ਮੈਂ ਸਮਝਦਾ ਹਾਂ ਕਿ ਉਸ ਜੋਗੀ ਨੂੰ (ਸਹੀ) ਜੀਵਨ-ਜਾਚ (ਅਜੇ) ਨਹੀਂ ਆਈ ।੧।ਰਹਾਉ।

ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪਰਾਈ ਨਿੰਦਿਆ ਨਹੀਂ ਹੈ, ਪਰਾਈ ਖ਼ੁਸ਼ਾਮਦ ਨਹੀਂ ਹੈ, ਜਿਸ ਨੂੰ ਸੋਨਾ ਲੋਹਾ ਇਕੋ ਜਿਹੇ ਦਿੱਸਦੇ ਹਨ, ਜੇਹੜਾ ਮਨੁੱਖ ਖ਼ੁਸ਼ੀ ਗ਼ਮੀ ਤੋਂ ਨਿਰਲੇਪ ਰਹਿੰਦਾ ਹੈ; ਉਸ ਨੂੰ ਹੀ ਜੋਗੀ ਆਖ ।੧।

ਹੇ ਨਾਨਕ! ਆਖ—(ਹੇ ਭਾਈ!) ਇਹ ਸਦਾ ਭਟਕਦਾ ਰਹਿਣ ਵਾਲਾ ਮਨ ਦਸੀਂ ਦੌੜਦਾ ਫਿਰਦਾ ਹੈ । ਜਿਸ ਮਨੁੱਖ ਨੇ ਇਸ ਨੂੰ ਅਡੋਲ ਕਰ ਕੇ ਟਿਕਾ ਲਿਆ ਹੈ, ਜੇਹੜਾ ਮਨੁੱਖ ਇਸ ਕਿਸਮ ਦਾ ਹੈ, ਸਮਝ ਲੈ ਕਿ ਉਸ ਨੂੰ ਵਿਕਾਰਾਂ ਤੋਂ ਖ਼ਲਾਸੀ ਮਿਲ ਗਈ ਹੈ ।੨।੩।

ਧਨਾਸਰੀ ਮਹਲਾ ੯ ॥ ਅਬ ਮੈ ਕਉਨੁ ਉਪਾਉ ਕਰਉ ॥ ਜਿਹ ਬਿਧਿ ਮਨ ਕੋ ਸੰਸਾ ਚੂਕੈ ਭਉ ਨਿਧਿ ਪਾਰਿ ਪਰਉ ॥੧॥ ਰਹਾਉ ॥ ਜਨਮੁ ਪਾਇ ਕਛੁ ਭਲੋ ਨ ਕੀਨੋ ਤਾ ਤੇ ਅਧਿਕ ਡਰਉ ॥ ਮਨ ਬਚ ਕ੍ਰਮ ਹਰਿ ਗੁਨ ਨਹੀ ਗਾਏ ਯਹ ਜੀਅ ਸੋਚ ਧਰਉ ॥੧॥ ਗੁਰਮਤਿ ਸੁਨਿ ਕਛੁ ਗਿਆਨੁ ਨ ਉਪਜਿਓ ਪਸੁ ਜਿਉ ਉਦਰੁ ਭਰਉ ॥ ਕਹੁ ਨਾਨਕ ਪ੍ਰਭ ਬਿਰਦੁ ਪਛਾਨਉ ਤਬ ਹਉ ਪਤਿਤ ਤਰਉ ॥੨॥੪॥੯॥੯॥੧੩॥੫੮॥੪॥੯੩॥ {ਪੰਨਾ 685}

ਪਦਅਰਥ:- ਅਬ—ਹੁਣ । ਕਉਨੁ—ਕੇਹੜਾ ਜਤਨ । ਕਰਉ—ਕਰਉਂ, ਮੈਂ ਕਰਾਂ । ਜਿਹ ਬਿਧਿ—ਜਿਸ ਤਰੀਕੇ ਨਾਲ । ਕੋ—ਦਾ । ਸੰਸਾ—ਸਹਮ । ਚੂਕੈ—ਮੁੱਕ ਜਾਏ । ਭਉ ਨਿਧਿ—ਸੰਸਾਰ-ਸਮੁੰਦਰ । ਪਰਉ—ਪਰਉਂ, ਮੈਂ ਲੰਘ ਜਾਵਾਂ ।੧।ਰਹਾਉ।

ਪਾਇ—ਹਾਸਲ ਕਰ ਕੇ । ਭਲੋ—ਭਲਾਈ । ਤਾ ਤੇ—ਇਸ ਤੋਂ, ਇਸ ਵਾਸਤੇ । ਅਧਿਕ—ਬਹੁਤ । ਡਰਉ—ਡਰਉਂ, ਮੈਂ ਡਰਦਾ ਹਾਂ । ਮਨਿ—ਮਨ ਦੀ ਰਾਹੀਂ । ਬਚਿ—ਬਚਨ ਦੀ ਰਾਹੀਂ । ਕ੍ਰਮ—ਕਰਮ ਦੀ ਰਾਹੀਂ । ਯਹ ਸੋਚ—ਇਹ ਚਿੰਤਾ । ਜੀਅ—ਮਨ ਵਿਚ । ਧਰਉ—ਧਰਉਂ, ਮੈਂ ਧਰਦਾ ਹਾਂ ।੧।

ਸੁਨਿ—ਸੁਣ ਕੇ । ਗਿਆਨੁ—ਆਤਮਕ ਜੀਵਨ ਦੀ ਸੂਝ । ਪਸੁ ਜਿਉ—ਪਸ਼ੂ ਵਾਂਗ । ਉਦਰੁ—ਢਿੱਡ । ਭਰਉ—ਭਰਉਂ, ਮੈਂ ਭਰਦਾ ਹਾਂ । ਪ੍ਰਭ—ਹੇ ਪ੍ਰਭੂ! ਬਿਰਦੁ—ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ । ਹਉ—ਮੈਂ । ਪਤਿਤ—ਵਿਕਾਰਾਂ ਵਿਚ ਡਿੱਗਾ ਹੋਇਆ, ਵਿਕਾਰੀ । ਤਰਉ—ਤਰਉਂ, ਮੈਂ ਤਰ ਸਕਦਾ ਹਾਂ ।੨।

ਅਰਥ:- ਹੇ ਭਾਈ! ਹੁਣ ਮੈਂ ਕੇਹੜਾ ਜਤਨ ਕਰਾਂ ਜਿਸ ਤਰ੍ਹਾਂ (ਮੇਰੇ) ਮਨ ਦਾ ਸਹਮ ਮੁੱਕ ਜਾਏ, ਅਤੇ, ਮੈਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਵਾਂ ।੧।ਰਹਾਉ।

ਹੇ ਭਾਈ! ਮਨੁੱਖਾ ਜਨਮ ਪ੍ਰਾਪਤ ਕਰ ਕੇ ਮੈਂ ਕੋਈ ਭਲਾਈ ਨਹੀਂ ਕੀਤੀ, ਇਸ ਵਾਸਤੇ ਮੈਂ ਬਹੁਤ ਡਰਦਾ ਰਹਿੰਦਾ ਹਾਂ । ਮੈਂ (ਆਪਣੀ) ਜਿੰਦ ਵਿਚ (ਹਰ ਵੇਲੇ) ਇਹੀ ਚਿੰਤਾ ਕਰਦਾ ਰਹਿੰਦਾ ਹਾਂ ਕਿ ਮੈਂ ਆਪਣੇ ਮਨ ਨਾਲ, ਬਚਨ ਨਾਲ, ਕਰਮ ਨਾਲ (ਕਦੇ ਭੀ) ਪਰਮਾਤਮਾ ਦੇ ਗੁਣ ਨਹੀਂ ਗਾਂਦਾ ਰਿਹਾ ।੧।

ਹੇ ਭਾਈ! ਗੁਰੂ ਦੀ ਮਤਿ ਸੁਣ ਕੇ ਮੇਰੇ ਅੰਦਰ ਆਤਮਕ ਜੀਵਨ ਦੀ ਕੁਝ ਭੀ ਸੂਝ ਪੈਦਾ ਨਹੀਂ ਹੋਈ, ਮੈਂ ਪਸ਼ੂ ਵਾਂਗ (ਨਿੱਤ) ਆਪਣਾ ਢਿੱਡ ਭਰ ਲੈਂਦਾ ਹਾਂ । ਹੇ ਨਾਨਕ! ਆਖ—ਹੇ ਪ੍ਰਭੂ! ਮੈਂ ਵਿਕਾਰੀ ਤਦੋਂ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕਦਾ ਹਾਂ ਜੇ ਤੂੰ ਆਪਣਾ ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ਚੇਤੇ ਰੱਖੇਂ

।੨।੪।੯।੯।੧੩।੫੮।੪।੯੩।

ਨੋਟ:- ਅਖ਼ੀਰਲੇ ਅੰਕਾਂ ਦਾ ਵੇਰਵਾ:-
੨ — ਇਸ ਸ਼ਬਦ ਦੇ ਦੋ ਬੰਦ ।
੪ — ਮ: ੯ ਦਾ ਚੌਥਾ ਸ਼ਬਦ ।
——:
੯— ਰਾਗ ਧਨਾਸਰੀ ਵਿਚ ਮਹਲਾ ੧ ਦੇ ਸ਼ਬਦ
੯— ਰਾਗ ਧਨਾਸਰੀ ਵਿਚ ਮਹਲਾ ੩ ਦੇ ਸ਼ਬਦ
੧੩—ਰਾਗ ਧਨਾਸਰੀ ਵਿਚ ਮਹਲਾ ੪ ਦੇ ਸ਼ਬਦ
੫੮—ਰਾਗ ਧਨਾਸਰੀ ਵਿਚ ਮਹਲਾ ੫ ਦੇ ਸ਼ਬਦ
੪—ਰਾਗ ਧਨਾਸਰੀ ਵਿਚ ਮਹਲਾ ੯ ਦੇ ਸ਼ਬਦ
——:
੯੩—ਸਾਰੇ ਸ਼ਬਦਾਂ ਦਾ ਜੋੜ

ਨੋਟ:- ਮਹਲਾ ੫ ਦੇ ਸ਼ਬਦ ਖ਼ਤਮ ਹੋਣ ਤੇ ੯।੯।੧੩।੫੮। ਵਾਲਾ ਜੋੜ '੮੯' ਨਹੀਂ ਦਿੱਤਾ ਗਿਆ ।

ਧਨਾਸਰੀ ਮਹਲਾ ੧ ਘਰੁ ੨ ਅਸਟਪਦੀਆ ੧ੴ ਸਤਿਗੁਰ ਪ੍ਰਸਾਦਿ ॥ ਗੁਰੁ ਸਾਗਰੁ ਰਤਨੀ ਭਰਪੂਰੇ ॥ ਅੰਮ੍ਰਿਤੁ ਸੰਤ ਚੁਗਹਿ ਨਹੀ ਦੂਰੇ ॥ ਹਰਿ ਰਸੁ ਚੋਗ ਚੁਗਹਿ ਪ੍ਰਭ ਭਾਵੈ ॥ ਸਰਵਰ ਮਹਿ ਹੰਸੁ ਪ੍ਰਾਨਪਤਿ ਪਾਵੈ ॥੧॥ ਕਿਆ ਬਗੁ ਬਪੁੜਾ ਛਪੜੀ ਨਾਇ ॥ ਕੀਚੜਿ ਡੂਬੈ ਮੈਲੁ ਨ ਜਾਇ ॥੧॥ ਰਹਾਉ ॥ ਰਖਿ ਰਖਿ ਚਰਨ ਧਰੇ ਵੀਚਾਰੀ ॥ ਦੁਬਿਧਾ ਛੋਡਿ ਭਏ ਨਿਰੰਕਾਰੀ ॥ ਮੁਕਤਿ ਪਦਾਰਥੁ ਹਰਿ ਰਸ ਚਾਖੇ ॥ ਆਵਣ ਜਾਣ ਰਹੇ ਗੁਰਿ ਰਾਖੇ ॥੨॥ ਸਰਵਰ ਹੰਸਾ ਛੋਡਿ ਨ ਜਾਇ ॥ ਪ੍ਰੇਮ ਭਗਤਿ ਕਰਿ ਸਹਜਿ ਸਮਾਇ ॥ ਸਰਵਰ ਮਹਿ ਹੰਸੁ ਹੰਸ ਮਹਿ ਸਾਗਰੁ ॥ ਅਕਥ ਕਥਾ ਗੁਰ ਬਚਨੀ ਆਦਰੁ ॥੩॥ ਸੁੰਨ ਮੰਡਲ ਇਕੁ ਜੋਗੀ ਬੈਸੇ ॥ ਨਾਰਿ ਨ ਪੁਰਖੁ ਕਹਹੁ ਕੋਊ ਕੈਸੇ ॥ ਤ੍ਰਿਭਵਣ ਜੋਤਿ ਰਹੇ ਲਿਵ ਲਾਈ ॥ ਸੁਰਿ ਨਰ ਨਾਥ ਸਚੇ ਸਰਣਾਈ ॥੪॥ ਆਨੰਦ ਮੂਲੁ ਅਨਾਥ ਅਧਾਰੀ ॥ ਗੁਰਮੁਖਿ ਭਗਤਿ ਸਹਜਿ ਬੀਚਾਰੀ ॥ ਭਗਤਿ ਵਛਲ ਭੈ ਕਾਟਣਹਾਰੇ ॥ ਹਉਮੈ ਮਾਰਿ ਮਿਲੇ ਪਗੁ ਧਾਰੇ ॥੫॥ ਅਨਿਕ ਜਤਨ ਕਰਿ ਕਾਲੁ ਸੰਤਾਏ ॥ ਮਰਣੁ ਲਿਖਾਇ ਮੰਡਲ ਮਹਿ ਆਏ ॥ ਜਨਮੁ ਪਦਾਰਥੁ ਦੁਬਿਧਾ ਖੋਵੈ ॥ ਆਪੁ ਨ ਚੀਨਸਿ ਭ੍ਰਮਿ ਭ੍ਰਮਿ ਰੋਵੈ ॥੬॥ ਕਹਤਉ ਪੜਤਉ ਸੁਣਤਉ ਏਕ ॥ ਧੀਰਜ ਧਰਮੁ ਧਰਣੀਧਰ ਟੇਕ ॥ ਜਤੁ ਸਤੁ ਸੰਜਮੁ ਰਿਦੈ ਸਮਾਏ ॥ ਚਉਥੇ ਪਦ ਕਉ ਜੇ ਮਨੁ ਪਤੀਆਏ ॥੭॥ ਸਾਚੇ ਨਿਰਮਲ ਮੈਲੁ ਨ ਲਾਗੈ ॥ ਗੁਰ ਕੈ ਸਬਦਿ ਭਰਮ ਭਉ ਭਾਗੈ ॥ ਸੂਰਤਿ ਮੂਰਤਿ ਆਦਿ ਅਨੂਪੁ ॥ ਨਾਨਕੁ ਜਾਚੈ ਸਾਚੁ ਸਰੂਪੁ ॥੮॥੧॥ {ਪੰਨਾ 685-686}

ਪਦਅਰਥ:- ਰਤਨੀ—ਰਤਨਾਂ ਨਾਲ, ਸੋਹਣੇ ਜੀਵਨ-ਉਪਦੇਸ਼ । ਭਰਪੂਰੇ—ਨਕਾ ਨਕ ਭਰਿਆ ਹੋਇਆ । ਸੰਤ—ਗੁਰਮੁਖਿ ਬੰਦੇ । ਚੁਗਹਿ—ਚੁਗਦੇ ਹਨ । ਚੋਗ—ਖ਼ੁਰਾਕ, ਆਤਮਕ ਜੀਵਨ ਦੀ ਖ਼ੁਰਾਕ । ਪ੍ਰਾਨਪਤਿ—ਪਰਮਾਤਮਾ ।੧।

ਬਗੁ—ਬਗਲਾ । ਬਪੁੜਾ—ਵਿਚਾਰਾ । ਨਾਇ—ਨ੍ਹਾਉਂਦਾ ਹੈ । ਕੀਚੜਿ—ਚਿੱਕੜ ਵਿਚ ।੧।ਰਹਾਉ।

ਰਖਿ ਰਖਿ—ਰੱਖ ਕੇ, ਰੱਖ ਕੇ, ਧਿਆਨ ਨਾਲ । ਵੀਚਾਰੀ—ਵੀਚਾਰ ਦੇ ਆਸਰੇ । ਦੁਬਿਧਾ—ਕਿਸੇ ਹੋਰ ਆਸਰੇ ਦੀ ਭਾਲ । ਰਹੇ—ਮੁੱਕ ਜਾਂਦੇ ਹਨ । ਗੁਰਿ—ਗੁਰੂ ਨੇ ।੨।

ਸਹਜਿ—ਸਹਜ ਵਿਚ, ਅਡੋਲ ਆਤਮਕ ਅਵਸਥਾ ਵਿਚ । ਆਦਰੁ—ਇੱਜ਼ਤ ।੩।

ਸੁੰਨ ਮੰਡਲ—ਅਫੁਰ ਅਵਸਥਾ, ਉਹ ਅਵਸਥਾ ਜਿਥੇ ਮਾਇਆ ਦੇ ਫੁਰਨਿਆਂ ਵਲੋਂ ਸੁੰਞ ਹੈ । ਜੋਗੀ—ਪ੍ਰਭੂ-ਚਰਨਾਂ ਵਿਚ ਜੁੜਿਆ ਹੋਇਆ । ਤ੍ਰਿਭਵਣ ਜੋਤਿ—ਉਹ ਪ੍ਰਭੂ ਜਿਸ ਦੀ ਜੋਤਿ ਤਿੰਨਾਂ ਭਵਨਾਂ ਵਿਚ ਹੈ । ਸੁਰਿ—ਦੇਵਤੇ ।੪।

ਆਨੰਦ ਮੂਲੁ—ਆਨੰਦ ਦਾ ਸੋਮਾ । ਭਗਤਿ ਵਛਲ—ਭਗਤੀ ਨਾਲ ਪਿਆਰ ਕਰਨ ਵਾਲਾ । ਪਗੁ ਧਾਰੇ—(ਸਤਸੰਗ ਵਿਚ) ਪੈਰ ਟਿਕਾ ਕੇ, ਜਾ ਕੇ ।੫।

ਕਰਿ—ਕਰ ਕੇ, ਕਰਨ ਤੇ ਭੀ । ਕਾਲੁ—ਮੌਤ, ਮੌਤ ਦਾ ਡਰ, ਆਤਮਕ ਮੌਤ । ਮੰਡਲ—ਜਗਤ । ਮਰਣੁ—ਮੌਤ, ਆਤਮਕ ਮੌਤ । ਖੋਵੈ—ਗਵਾ ਲੈਂਦਾ ਹੈ । ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ ।੬।

ਏਕ—ਇਕ ਪ੍ਰਭੂ ਦੀ (ਸਿਫ਼ਤਿ-ਸਾਲਾਹ) । ਧਰਣੀਧਰ—ਧਰਤੀ ਦਾ ਆਸਰਾ ਪ੍ਰਭੂ । ਚਉਥਾ ਪਦ—ਉਹ ਆਤਮਕ ਅਵਸਥਾ ਜਿਥੇ ਮਾਇਆ ਦੇ ਤਿੰਨ ਗੁਣ ਜ਼ੋਰ ਨਹੀਂ ਪਾ ਸਕਦੇ । ਪਤੀਆਇ—ਗਿਝਾ ਲਏ ।੭।

ਸੂਰਤਿ—ਸ਼ਕਲ । ਮੂਰਤਿ—ਹਸਤੀ, ਵਜੂਦ, ਹੋਂਦ । ਅਨੂਪੁ—ਜੋ ਉਪਮਾ ਤੋਂ ਪਰੇ ਹੈ, ਜਿਸ ਵਰਗਾ ਹੋਰ ਕੋਈ ਨਹੀਂ । ਸਾਚੁ ਸਰੂਪੁ—ਜਿਸ ਦਾ ਸਰੂਪ ਸਦਾ ਕਾਇਮ ਰਹਿਣ ਵਾਲਾ ਹੈ ।੮।

ਅਰਥ:- ਵਿਚਾਰਾ ਬਗਲਾ ਛਪੜੀ ਵਿਚ ਕਾਹਦੇ ਲਈ ਨ੍ਹਾਉਂਦਾ ਹੈ? (ਕੁੱਝ ਨਹੀਂ ਖੱਟਦਾ, ਸਗੋਂ ਛਪੜੀ ਵਿਚ ਨ੍ਹਾ ਕੇ) ਚਿੱਕੜ ਵਿਚ ਡੁੱਬਦਾ ਹੈ, (ਉਸ ਦੀ ਇਹ) ਮੈਲ ਦੂਰ ਨਹੀਂ ਹੁੰਦੀ (ਜੇਹੜਾ ਮਨੁੱਖ ਗੁਰੂ-ਸਮੁੰਦਰ ਨੂੰ ਛੱਡ ਕੇ ਦੇਵੀ ਦੇਵਤਿਆਂ ਆਦਿਕ ਹੋਰ ਹੋਰ ਦੇ ਆਸਰੇ ਭਾਲਦਾ ਹੈ ਉਹ, ਮਾਨੋ, ਛਪੜੀ ਵਿਚ ਹੀ ਨ੍ਹਾ ਰਿਹਾ ਹੈ । ਉਥੋਂ ਉਹ ਹੋਰ ਮਾਇਆ-ਮੋਹ ਦੀ ਮੈਲ ਸਹੇੜ ਲੈਂਦਾ ਹੈ) ।੧।ਰਹਾਉ।

ਗੁਰੂ (ਮਾਨੋ) ਇਕ ਸਮੁੰਦਰ (ਹੈ ਜੋ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ) ਰਤਨਾਂ ਨਾਲ ਨਕਾਨਕ ਭਰਿਆ ਹੋਇਆ ਹੈ । ਗੁਰਮੁਖ ਸਿੱਖ (ਉਸ ਸਾਗਰ ਵਿਚੋਂ) ਆਤਮਕ ਜੀਵਨ ਦੇਣ ਵਾਲੀ ਖ਼ੁਰਾਕ (ਪ੍ਰਾਪਤ ਕਰਦੇ ਹਨ ਜਿਵੇਂ ਹੰਸ ਮੋਤੀ) ਚੁਗਦੇ ਹਨ, (ਤੇ ਗੁਰੂ ਤੋਂ) ਦੂਰ ਨਹੀਂ ਰਹਿੰਦੇ । ਪ੍ਰਭੂ ਦੀ ਮੇਹਰ ਅਨੁਸਾਰ ਸੰਤ-ਹੰਸ ਹਰਿ-ਨਾਮ ਰਸ (ਦੀ) ਚੋਗ ਚੁਗਦੇ ਹਨ । (ਗੁਰਸਿੱਖ) ਹੰਸ (ਗੁਰੂ-) ਸਰੋਵਰ ਵਿਚ (ਟਿਕਿਆ ਰਹਿੰਦਾ ਹੈ, ਤੇ) ਜਿੰਦ ਦੇ ਮਾਲਕ ਪ੍ਰਭੂ ਨੂੰ ਲੱਭ ਲੈਂਦਾ ਹੈ ।੧।

ਗੁਰਸਿੱਖ ਬੜਾ ਸੁਚੇਤ ਹੋ ਕੇ ਪੂਰੀ ਵੀਚਾਰ ਨਾਲ (ਜੀਵਨ-ਸਫ਼ਰ ਵਿਚ) ਪੈਰ ਰੱਖਦਾ ਹੈ । ਪਰਮਾਤਮਾ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਭਾਲ ਛੱਡ ਕੇ ਪਰਮਾਤਮਾ ਦਾ ਹੀ ਬਣ ਜਾਂਦਾ ਹੈ । ਪਰਮਾਤਮਾ ਦੇ ਨਾਮ ਦਾ ਰਸ ਚੱਖ ਕੇ ਗੁਰਸਿੱਖ ਉਹ ਪਦਾਰਥ ਹਾਸਲ ਕਰ ਲੈਂਦਾ ਹੈ ਜੋ ਮਾਇਆ ਦੇ ਮੋਹ ਤੋਂ ਖ਼ਲਾਸੀ ਦਿਵਾ ਦੇਂਦਾ ਹੈ । ਜਿਸ ਦੀ ਗੁਰੂ ਨੇ ਸਹਾਇਤਾ ਕਰ ਦਿੱਤੀ ਉਸ ਦੇ ਜਨਮ ਮਰਨ ਦੇ ਗੇੜ ਮੁੱਕ ਗਏ ।੨।

(ਜਿਵੇਂ) ਹੰਸ ਮਾਨਸਰੋਵਰ ਨੂੰ ਛੱਡ ਕੇ ਨਹੀਂ ਜਾਂਦਾ (ਤਿਵੇਂ ਜੇਹੜਾ ਸਿੱਖ ਗੁਰੂ ਦਾ ਦਰ ਛੱਡ ਕੇ ਨਹੀਂ ਜਾਂਦਾ ਉਹ) ਪ੍ਰੇਮ ਭਗਤੀ ਦੀ ਬਰਕਤਿ ਨਾਲ ਅਡੋਲ ਆਤਮਕ ਅਵਸਥਾ ਵਿਚ ਲੀਨ ਹੋ ਜਾਂਦਾ ਹੈ । ਜੇਹੜਾ

ਗੁਰਸਿੱਖ-ਹੰਸ ਗੁਰੂ-ਸਰੋਵਰ ਵਿਚ ਟਿਕਦਾ ਹੈ, ਉਸ ਦੇ ਅੰਦਰ ਗੁਰੂ-ਸਰੋਵਰ ਆਪਣਾ ਆਪ ਪਰਗਟ ਕਰਦਾ ਹੈ (ਉਸ ਸਿੱਖ ਦੇ ਅੰਦਰ ਗੁਰੂ ਵੱਸ ਪੈਂਦਾ ਹੈ)—ਇਹ ਕਥਾ ਅਕੱਥ ਹੈ (ਭਾਵ, ਇਸ ਆਤਮਕ ਅਵਸਥਾ ਦਾ ਬਿਆਨ ਨਹੀਂ ਹੋ ਸਕਦਾ । ਸਿਰਫ਼ ਇਹ ਕਹਿ ਸਕਦੇ ਹਾਂ ਕਿ) ਗੁਰੂ ਦੇ ਬਚਨਾਂ ਉਤੇ ਤੁਰ ਕੇ ਉਹ (ਲੋਕ ਪਰਲੋਕ ਵਿਚ) ਆਦਰ ਪਾਂਦਾ ਹੈ ।੩।

ਜੇਹੜਾ ਕੋਈ ਵਿਰਲਾ ਪ੍ਰਭੂ-ਚਰਨਾਂ ਵਿਚ ਜੁੜਿਆ ਬੰਦਾ ਅਫੁਰ ਅਵਸਥਾ ਵਿਚ ਟਿਕਦਾ ਹੈ, ਉਸ ਦੇ ਅੰਦਰ ਇਸਤ੍ਰੀ ਮਰਦ ਵਾਲੀ ਤਮੀਜ਼ ਨਹੀਂ ਰਹਿੰਦੀ (ਭਾਵ, ਉਸ ਦੇ ਅੰਦਰ ਕਾਮ ਚੇਸ਼ਟਾ ਜ਼ੋਰ ਨਹੀਂ ਪਾਂਦੀ) । ਦੱਸੋ, ਕੋਈ ਇਹ ਸੰਕਲਪ ਕਰ ਭੀ ਕਿਵੇਂ ਸਕਦਾ ਹੈ? ਕਿਉਂਕਿ ਉਹ ਤਾਂ ਸਦਾ ਉਸ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦਾ ਹੈ ਜਿਸ ਦੀ ਜੋਤਿ ਤਿੰਨਾਂ ਭਵਨਾਂ ਵਿਚ ਵਿਆਪਕ ਹੈ ਅਤੇ ਦੇਵਤੇ ਮਨੁੱਖ ਨਾਥ ਆਦਿਕ ਸਭ ਜਿਸ ਸਦਾ-ਥਿਰ ਦੀ ਸਰਨ ਲਈ ਰੱਖਦੇ ਹਨ ।੪।

(ਗੁਰਮੁਖ-ਹੰਸ ਗੁਰੂ-ਸਾਗਰ ਵਿਚ ਟਿਕ ਕੇ ਉਸ ਪ੍ਰਾਨਪਤਿ-ਪ੍ਰਭੂ ਨੂੰ ਮਿਲਦਾ ਹੈ) ਜੋ ਆਤਮਕ ਆਨੰਦ ਦਾ ਸੋਮਾ ਹੈ ਜੋ ਨਿਆਸਰਿਆਂ ਦਾ ਆਸਰਾ ਹੈ । ਗੁਰਮੁਖ ਉਸ ਦੀ ਭਗਤੀ ਦੀ ਰਾਹੀਂ ਅਤੇ ਉਸ ਦੇ ਗੁਣਾਂ ਦੀ ਵਿਚਾਰ ਦੀ ਰਾਹੀਂ ਅਡੋਲ ਆਤਮਕ ਅਵਸਥਾ ਵਿਚ ਟਿਕੇ ਰਹਿੰਦੇ ਹਨ । ਉਹ ਪ੍ਰਭੂ (ਆਪਣੇ ਸੇਵਕਾਂ ਦੀ) ਭਗਤੀ ਨਾਲ ਪ੍ਰੇਮ ਕਰਦਾ ਹੈ, ਉਹਨਾਂ ਦੇ ਸਾਰੇ ਡਰ ਦੂਰ ਕਰਨ ਦੇ ਸਮਰੱਥ ਹੈ । ਗੁਰਮੁਖਿ ਹਉਮੈ ਮਾਰ ਕੇ ਅਤੇ (ਸਾਧ ਸੰਗਤਿ ਵਿਚ) ਟਿਕ ਕੇ ਉਸ ਆਨੰਦ-ਮੂਲ ਪ੍ਰਭੂ (ਦੇ ਚਰਨਾਂ) ਵਿਚ ਜੁੜਦੇ ਹਨ ।੫।

ਜੇਹੜਾ-ਮਨੁੱਖ (ਵਿਚਾਰੇ ਬਗੁਲੇ ਵਾਂਗ ਹਉਮੈ ਦੀ ਛਪੜੀ ਵਿਚ ਹੀ ਨ੍ਹਾਉਂਦਾ ਰਹਿੰਦਾ ਹੈ, ਤੇ) ਆਪਣੇ ਆਤਮਕ ਜੀਵਨ ਨੂੰ ਨਹੀਂ ਪਛਾਣਦਾ, ਉਹ (ਹਉਮੈ ਵਿਚ) ਭਟਕ ਭਟਕ ਕੇ ਦੁਖੀ ਹੁੰਦਾ ਹੈ; ਪਰਮਾਤਮਾ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਭਾਲ ਵਿਚ ਉਹ ਅਮੋਲਕ ਮਨੁੱਖਾ ਜਨਮ ਨੂੰ ਗਵਾ ਲੈਂਦਾ ਹੈ; ਅਨੇਕਾਂ ਹੋਰ ਹੋਰ ਜਤਨ ਕਰਨ ਕਰਕੇ (ਸਹੇੜੀ ਹੋਈ) ਆਤਮਕ ਮੌਤ ਉਸ ਨੂੰ (ਸਦਾ) ਦੁਖੀ ਕਰਦੀ ਹੈ, ਉਹ (ਪਿਛਲੇ ਕੀਤੇ ਕਰਮਾਂ ਅਨੁਸਾਰ ਧੁਰੋਂ) ਆਤਮਕ ਮੌਤ (ਦਾ ਲੇਖ ਹੀ ਆਪਣੇ ਮੱਥੇ ਉਤੇ) ਲਿਖਾ ਕੇ ਇਸ ਜਗਤ ਵਿਚ ਆਇਆ (ਤੇ ਇਥੇ ਭੀ ਆਤਮਕ ਮੌਤ ਹੀ ਵਿਹਾਝਦਾ ਰਿਹਾ) ।੬।

(ਪਰ) ਜੇਹੜਾ ਮਨੁੱਖ ਇਕ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੀ (ਨਿੱਤ) ਉਚਾਰਦਾ ਹੈ ਪੜ੍ਹਦਾ ਹੈ ਤੇ ਸੁਣਦਾ ਹੈ ਤੇ ਧਰਤੀ ਦੇ ਆਸਰੇ ਪ੍ਰਭੂ ਦੀ ਟੇਕ ਫੜਦਾ ਹੈ ਉਹ ਗੰਭੀਰ ਸੁਭਾਉ ਗ੍ਰਹਣ ਕਰਦਾ ਹੈ ਉਹ (ਮਨੁੱਖ ਜੀਵਨ ਦੇ) ਫ਼ਰਜ਼ ਨੂੰ (ਪਛਾਣਦਾ ਹੈ) ।

ਜੇ ਮਨੁੱਖ (ਗੁਰੂ ਦੀ ਸਰਨ ਵਿਚ ਰਹਿ ਕੇ) ਆਪਣੇ ਮਨ ਨੂੰ ਉਸ ਆਤਮਕ ਅਵਸਥਾ ਵਿਚ ਗਿਝਾ ਲਏ ਜਿਥੇ ਮਾਇਆ ਦੇ ਤਿੰਨੇ ਹੀ ਗੁਣ ਜ਼ੋਰ ਨਹੀਂ ਪਾ ਸਕਦੇ, ਤਾਂ (ਸੁਤੇ ਹੀ) ਜਤ ਸਤ ਤੇ ਸੰਜਮ ਉਸ ਦੇ ਹਿਰਦੇ ਵਿਚ ਲੀਨ ਰਹਿੰਦੇ ਹਨ ।੭।

ਸਦਾ-ਥਿਰ ਪ੍ਰਭੂ ਵਿਚ ਟਿਕ ਕੇ ਪਵਿਤ੍ਰ ਹੋਏ ਮਨੁੱਖ ਦੇ ਮਨ ਨੂੰ ਵਿਕਾਰਾਂ ਦੀ ਮੈਲ ਨਹੀਂ ਚੰਬੜਦੀ । ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ ਉਸ ਦਾ (ਦੁਨੀਆ ਵਾਲਾ) ਡਰ-ਸਹਮ ਮੁੱਕ ਜਾਂਦਾ ਹੈ ।

ਨਾਨਕ (ਭੀ) ਉਸ ਸਦਾ-ਥਿਰ ਹਸਤੀ ਵਾਲੇ ਪ੍ਰਭੂ (ਦੇ ਦਰ ਤੋਂ ਨਾਮ ਦੀ ਦਾਤਿ) ਮੰਗਦਾ ਹੈ ਜਿਸ ਵਰਗਾ ਹੋਰ ਕੋਈ ਨਹੀਂ ਹੈ ਜਿਸ ਦੀ (ਸੋਹਣੀ) ਸੂਰਤ ਤੇ ਜਿਸ ਦਾ ਵਜੂਦ ਆਦਿ ਤੋਂ ਹੀ ਚਲਿਆ ਆ ਰਿਹਾ ਹੈ ।੮।੧।

ਧਨਾਸਰੀ ਮਹਲਾ ੧ ॥ ਸਹਜਿ ਮਿਲੈ ਮਿਲਿਆ ਪਰਵਾਣੁ ॥ ਨਾ ਤਿਸੁ ਮਰਣੁ ਨ ਆਵਣੁ ਜਾਣੁ ॥ ਠਾਕੁਰ ਮਹਿ ਦਾਸੁ ਦਾਸ ਮਹਿ ਸੋਇ ॥ ਜਹ ਦੇਖਾ ਤਹ ਅਵਰੁ ਨ ਕੋਇ ॥੧॥ ਗੁਰਮੁਖਿ ਭਗਤਿ ਸਹਜ ਘਰੁ ਪਾਈਐ ॥ ਬਿਨੁ ਗੁਰ ਭੇਟੇ ਮਰਿ ਆਈਐ ਜਾਈਐ ॥੧॥ ਰਹਾਉ ॥ ਸੋ ਗੁਰੁ ਕਰਉ ਜਿ ਸਾਚੁ ਦ੍ਰਿੜਾਵੈ ॥ ਅਕਥੁ ਕਥਾਵੈ ਸਬਦਿ ਮਿਲਾਵੈ ॥ ਹਰਿ ਕੇ ਲੋਗ ਅਵਰ ਨਹੀ ਕਾਰਾ ॥ ਸਾਚਉ ਠਾਕੁਰੁ ਸਾਚੁ ਪਿਆਰਾ ॥੨॥ ਤਨ ਮਹਿ ਮਨੂਆ ਮਨ ਮਹਿ ਸਾਚਾ ॥ ਸੋ ਸਾਚਾ ਮਿਲਿ ਸਾਚੇ ਰਾਚਾ ॥ ਸੇਵਕੁ ਪ੍ਰਭ ਕੈ ਲਾਗੈ ਪਾਇ ॥ ਸਤਿਗੁਰੁ ਪੂਰਾ ਮਿਲੈ ਮਿਲਾਇ ॥੩॥ ਆਪਿ ਦਿਖਾਵੈ ਆਪੇ ਦੇਖੈ ॥ ਹਠਿ ਨ ਪਤੀਜੈ ਨਾ ਬਹੁ ਭੇਖੈ ॥ ਘੜਿ ਭਾਡੇ ਜਿਨਿ ਅੰਮ੍ਰਿਤੁ ਪਾਇਆ ॥ ਪ੍ਰੇਮ ਭਗਤਿ ਪ੍ਰਭਿ ਮਨੁ ਪਤੀਆਇਆ ॥੪॥ ਪੜਿ ਪੜਿ ਭੂਲਹਿ ਚੋਟਾ ਖਾਹਿ ॥ ਬਹੁਤੁ ਸਿਆਣਪ ਆਵਹਿ ਜਾਹਿ ॥ ਨਾਮੁ ਜਪੈ ਭਉ ਭੋਜਨੁ ਖਾਇ ॥ ਗੁਰਮੁਖਿ ਸੇਵਕ ਰਹੇ ਸਮਾਇ ॥੫॥ ਪੂਜਿ ਸਿਲਾ ਤੀਰਥ ਬਨ ਵਾਸਾ ॥ ਭਰਮਤ ਡੋਲਤ ਭਏ ਉਦਾਸਾ ॥ ਮਨਿ ਮੈਲੈ ਸੂਚਾ ਕਿਉ ਹੋਇ ॥ ਸਾਚਿ ਮਿਲੈ ਪਾਵੈ ਪਤਿ ਸੋਇ ॥੬॥ ਆਚਾਰਾ ਵੀਚਾਰੁ ਸਰੀਰਿ ॥ ਆਦਿ ਜੁਗਾਦਿ ਸਹਜਿ ਮਨੁ ਧੀਰਿ ॥ ਪਲ ਪੰਕਜ ਮਹਿ ਕੋਟਿ ਉਧਾਰੇ ॥ ਕਰਿ ਕਿਰਪਾ ਗੁਰੁ ਮੇਲਿ ਪਿਆਰੇ ॥੭॥ ਕਿਸੁ ਆਗੈ ਪ੍ਰਭ ਤੁਧੁ ਸਾਲਾਹੀ ॥ ਤੁਧੁ ਬਿਨੁ ਦੂਜਾ ਮੈ ਕੋ ਨਾਹੀ ॥ ਜਿਉ ਤੁਧੁ ਭਾਵੈ ਤਿਉ ਰਾਖੁ ਰਜਾਇ ॥ ਨਾਨਕ ਸਹਜਿ ਭਾਇ ਗੁਣ ਗਾਇ ॥੮॥੨॥ {ਪੰਨਾ 686}

ਪਦਅਰਥ:- ਸਹਜਿ—ਅਡੋਲ ਅਵਸਥਾ ਵਿਚ । ਮਰਣੁ—ਆਤਮਕ ਮੌਤ । ਆਵਣੁ ਜਾਣੁ—ਜਨਮ ਮਰਨ ਦਾ ਗੇੜ । ਸੋਇ—ਉਹ (ਠਾਕੁਰ) ।੧।

ਸਹਜ ਘਰੁ—ਅਡੋਲ ਆਤਮਕ ਅਵਸਥਾ ਦਾ ਘਰ । ਮਰਿ—ਆਤਮਕ ਮੌਤੇ ਮਰ ਕੇ ।੧।ਰਹਾਉ।

ਕਰਉ—ਮੈਂ ਕਰਦਾ ਹਾਂ । ਜਿ—ਜੇਹੜਾ । ਸਾਚੁ—ਸਦਾ-ਥਿਰ ਪ੍ਰਭੂ । ਕਥਾਵੈ—ਸਿਫ਼ਤਿ-ਸਾਲਾਹ ਕਰਾਂਦਾ ਹੈ । ਸਾਚਉ—ਸਦਾ-ਥਿਰ ਰਹਿਣ ਵਾਲਾ ।੨।

ਸਾਚਾ—ਸਦਾ-ਥਿਰ ਪ੍ਰਭੂ (ਦਾ ਰੂਪ ਹੋ ਕੇ) । ਪਾਇ—ਚਰਨੀਂ ।੩।

ਦਿਖਾਵੈ—ਆਪਣਾ ਦਰਸਨ ਕਰਾਂਦਾ ਹੈ । ਦੇਖੈ—(ਜੀਵਾਂ ਦੇ ਕਰਮ) ਵੇਖਦਾ ਹੈ । ਹਠਿ—ਹਠ ਨਾਲ (ਕੀਤੇ ਤਪ ਆਦਿਕ) । ਘੜਿ—ਘੜ ਕੇ, ਸਾਜ ਕੇ । ਜਿਨਿ—ਜਿਸ (ਪਰਮਾਤਮਾ) ਨੇ । ਪ੍ਰਭਿ—ਪ੍ਰਭੂ ਨੇ ।੪।

ਭੋਜਨੁ—(ਆਤਮਕ) ਖ਼ੁਰਾਕ । {ਨੋਟ:- ਲਫ਼ਜ਼ 'ਖਾਇ' ਅਤੇ 'ਖਾਹਿ' ਦਾ ਫ਼ਰਕ ਚੇਤੇ ਰੱਖਣ ਜੋਗ ਹੈ} ।੫।

ਪੂਜਿ—ਪੂਜ ਕੇ । ਸਿਲਾ—ਪੱਥਰ (ਦੀਆਂ ਮੂਰਤੀਆਂ) । ਮਨਿ ਮੈਲੇ—ਮੈਲੇ ਮਨ ਦੀ ਰਾਹੀਂ, ਜੇ ਮਨ ਮੈਲਾ ਹੀ ਰਿਹਾ । ਸੂਚਾ—ਪਵਿਤ੍ਰ । ਪਤਿ—ਇੱਜ਼ਤ ।੬।

ਆਚਾਰਾ—ਆਚਰਨ । ਵੀਚਾਰੁ—ਉੱਚੀ ਵਿਚਾਰ । ਸਰੀਰਿ—ਸਰੀਰ ਵਿਚ, ਮਨੁੱਖ ਵਿਚ । ਸਹਜਿ—ਅਡੋਲ ਆਤਮਕ ਅਵਸਥਾ ਵਿਚ । ਆਦਿ ਜੁਗਾਦਿ—ਸਦਾ ਹੀ । ਧੀਰਿ—ਧੀਰੇ, ਗੰਭੀਰ ਬਣਿਆ ਰਹਿੰਦਾ ਹੈ । ਪੰਕਜ—ਕਮਲ {ਪੰਕ—ਚਿੱਕੜ । ਜ—ਜੰਮਿਆ ਹੋਇਆ} ਨੋਟ:- ਇਥੇ 'ਕਮਲ' ਨੂੰ 'ਅੱਖ' ਨਾਲ ਉਪਮਾ

ਦਿੱਤੀ ਗਈ ਹੈ । ਪਲ ਪੰਕਜ ਮਹਿ—ਅੱਖ ਦੇ ਫਰਕਣ ਜਿਤਨੇ ਸਮੇ ਵਿਚ । ਪਿਆਰੇ—ਹੇ ਪਿਆਰੇ ਪ੍ਰਭੂ! ।੭।

ਮੈ—ਮੈਨੂੰ । ਕੋ—ਕੋਈ (ਜੀਵ) । ਰਜਾਇ—ਆਪਣੀ ਰਜ਼ਾ ਵਿਚ ।੮।

ਅਰਥ:- ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਭਗਤੀ ਕੀਤਿਆਂ ਉਹ (ਆਤਮਕ) ਟਿਕਾਣਾ ਮਿਲ ਜਾਂਦਾ ਹੈ ਜਿਥੇ ਮਨ ਸਦਾ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ । (ਪਰ) ਗੁਰੂ ਨੂੰ ਮਿਲਣ ਤੋਂ ਬਿਨਾ ਆਤਮਕ ਮੌਤੇ ਮਰ ਕੇ ਜਨਮ ਮਰਨ ਦੇ ਗੇੜ ਵਿਚ ਪਏ ਰਹੀਦਾ ਹੈ ।੧।ਰਹਾਉ।

ਜੇਹੜਾ ਮਨੁੱਖ ਗੁਰੂ ਦੀ ਰਾਹੀਂ ਅਡੋਲ ਅਵਸਥਾ ਵਿਚ ਟਿਕ ਕੇ ਪ੍ਰਭੂ-ਚਰਨਾਂ ਵਿਚ ਜੁੜਦਾ ਹੈ, ਉਸ ਦਾ ਪ੍ਰਭੂ-ਚਰਨਾਂ ਵਿਚ ਜੁੜਨਾ ਕਬੂਲ ਪੈਂਦਾ ਹੈ । ਉਸ ਮਨੁੱਖ ਨੂੰ ਨਾਹ ਆਤਮਕ ਮੌਤ ਆਉਂਦੀ ਹੈ, ਨਾਹ ਹੀ ਜਨਮ ਮਰਨ ਦਾ ਗੇੜ । ਅਜੇਹਾ ਪ੍ਰਭੂ ਦਾ ਦਾਸ ਪ੍ਰਭੂ ਵਿਚ ਲੀਨ ਰਹਿੰਦਾ ਹੈ, ਪ੍ਰਭੂ ਅਜੇਹੇ ਸੇਵਕ ਦੇ ਅੰਦਰ ਪਰਗਟ ਹੋ ਜਾਂਦਾ ਹੈ । ਉਹ ਸੇਵਕ ਜਿੱਧਰ ਤੱਕਦਾ ਹੈ ਉਸ ਨੂੰ ਪਰਮਾਤਮਾ ਤੋਂ ਬਿਨਾ ਹੋਰ ਕੋਈ ਨਹੀਂ ਦਿੱਸਦਾ ।੧।

ਮੈਂ (ਭੀ) ਉਹੀ ਗੁਰੂ ਧਾਰਨਾ ਚਾਹੁੰਦਾ ਹਾਂ ਜੇਹੜਾ ਸਦਾ-ਥਿਰ ਪ੍ਰਭੂ ਨੂੰ (ਮੇਰੇ ਹਿਰਦੇ ਵਿਚ) ਪੱਕੀ ਤਰ੍ਹਾਂ ਟਿਕਾ ਦੇਵੇ, ਜੇਹੜਾ ਮੈਥੋਂ ਅਕੱਥ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਾਵੇ, ਤੇ ਆਪਣੇ ਸ਼ਬਦ ਦੀ ਰਾਹੀਂ ਮੈਨੂੰ ਪ੍ਰਭੂ-ਚਰਨਾਂ ਵਿਚ ਜੋੜ ਦੇਵੇ ।

ਪਰਮਾਤਮਾ ਦੇ ਭਗਤ ਨੂੰ (ਸਿਫ਼ਤਿ-ਸਾਲਾਹ ਤੋਂ ਬਿਨਾ) ਕੋਈ ਹੋਰ ਕਾਰ ਨਹੀਂ (ਸੁੱਝਦੀ) । ਭਗਤ ਸਦਾ-ਥਿਰ ਪ੍ਰਭੂ ਨੂੰ ਹੀ ਸਿਮਰਦਾ ਹੈ, ਸਦਾ-ਥਿਰ ਪ੍ਰਭੂ ਉਸ ਨੂੰ ਪਿਆਰਾ ਲੱਗਦਾ ਹੈ ।

ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ ਗੁਰੂ ਉਸ ਨੂੰ ਪ੍ਰਭੂ-ਚਰਨਾਂ ਵਿਚ ਮਿਲਾ ਦੇਂਦਾ ਹੈ, ਉਹ ਸੇਵਕ ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ, ਉਸ ਦਾ ਮਨ ਸਰੀਰ ਦੇ ਅੰਦਰ ਹੀ ਰਹਿੰਦਾ ਹੈ (ਭਾਵ, ਮਾਇਆ-ਮੋਹਿਆ ਦਸੀਂ ਪਾਸੀਂ ਦੌੜਦਾ ਨਹੀਂ (ਫਿਰਦਾ), ਉਸ ਦੇ ਮਨ ਵਿਚ ਸਦਾ-ਥਿਰ ਪ੍ਰਭੂ ਪਰਗਟ ਹੋ ਜਾਂਦਾ ਹੈ, ਉਹ ਸੇਵਕ ਸਦਾ-ਥਿਰ ਪ੍ਰਭੂ ਨੂੰ ਸਿਮਰ ਕੇ ਤੇ ਉਸ ਵਿਚ ਮਿਲ ਕੇ ਉਸ (ਦੀ ਯਾਦ) ਵਿਚ ਲੀਨ ਰਹਿੰਦਾ ਹੈ ।੩।

ਪਰਮਾਤਮਾ ਆਪਣਾ ਦਰਸਨ ਆਪ ਹੀ (ਗੁਰੂ ਦੀ ਰਾਹੀਂ) ਕਰਾਂਦਾ ਹੈ, ਆਪ ਹੀ (ਸਭ ਜੀਵਾਂ ਦੇ) ਦਿਲ ਦੀ ਜਾਣਦਾ ਹੈ (ਇਸ ਵਾਸਤੇ ਉਹ) ਹਠ ਦੀ ਰਾਹੀਂ ਕੀਤੇ ਕਰਮਾਂ ਉਤੇ ਨਹੀਂ ਪਤੀਜਦਾ, ਨਾਹ ਹੀ ਬਹੁਤੇ (ਧਾਰਮਿਕ) ਭੇਖਾਂ ਤੇ ਪ੍ਰਸੰਨ ਹੁੰਦਾ ਹੈ । ਜਿਸ ਪ੍ਰਭੂ ਨੇ (ਸਾਰੇ) ਸਰੀਰ ਸਾਜੇ ਹਨ ਤੇ (ਗੁਰੂ ਦੀ ਸਰਨ ਆਏ ਕਿਸੇ ਵਡਭਾਗੀ ਦੇ ਹਿਰਦੇ ਵਿਚ) ਨਾਮ-ਅੰਮ੍ਰਿਤ ਪਾਇਆ ਹੈ ਉਸੇ ਪ੍ਰਭੂ ਨੇ ਉਸ ਦਾ ਮਨ ਪ੍ਰੇਮਾ ਭਗਤੀ ਵਿਚ ਜੋੜਿਆ ਹੈ ।੪।

ਜੇਹੜੇ ਮਨੁੱਖ (ਵਿੱਦਿਆ) ਪੜ੍ਹ ਪੜ੍ਹ ਕੇ (ਵਿੱਦਿਆ ਦੇ ਮਾਣ ਵਿਚ ਹੀ ਸਿਮਰਨ ਤੋਂ) ਖੁੰਝ ਜਾਂਦੇ ਹਨ ਉਹ (ਆਤਮਕ ਮੌਤ ਦੀਆਂ) ਚੋਟਾਂ ਸਹਿੰਦੇ ਹਨ । (ਵਿੱਦਿਆ ਦੀ) ਬਹੁਤੀ ਚਤੁਰਾਈ ਦੇ ਕਾਰਨ ਜਨਮ ਮਰਨ ਦੇ ਗੇੜ ਵਿਚ ਪੈਂਦੇ ਹਨ । ਜੇਹੜਾ ਜੇਹੜਾ ਮਨੁੱਖ ਪ੍ਰਭੂ ਦਾ ਨਾਮ ਜਪਦਾ ਹੈ ਤੇ ਪ੍ਰਭੂ ਦੇ ਡਰ-ਅਦਬ ਨੂੰ ਆਪਣੇ ਆਤਮਾ ਦੀ ਖ਼ੁਰਾਕ ਬਣਾਂਦਾ ਹੈ, ਉਹ ਸੇਵਕ ਗੁਰੂ ਦੀ ਸਰਨ ਪੈ ਕੇ ਪ੍ਰਭੂ ਵਿਚ ਲੀਨ ਰਹਿੰਦੇ ਹਨ ।੫।

ਜੇਹੜਾ ਮਨੁੱਖ ਪੱਥਰ (ਦੀਆਂ ਮੂਰਤੀਆਂ) ਪੂਜਦਾ ਰਿਹਾ, ਤੀਰਥਾਂ ਦੇ ਇਸ਼ਨਾਨ ਕਰਦਾ ਰਿਹਾ, ਜੰਗਲਾਂ ਵਿਚ ਨਿਵਾਸ ਰੱਖਦਾ ਰਿਹਾ, ਤਿਆਗੀ ਬਣ ਕੇ ਥਾਂ ਥਾਂ ਭਟਕਦਾ ਡੋਲਦਾ ਫਿਰਿਆ (ਤੇ ਇਹਨਾਂ ਹੀ ਕਰਮਾਂ ਨੂੰ ਧਰਮ ਸਮਝਦਾ ਰਿਹਾ), ਜੇ ਉਸ ਦਾ ਮਨ ਮੈਲਾ ਹੀ ਰਿਹਾ ਤਾਂ ਉਹ ਪਵਿਤ੍ਰ ਕਿਵੇਂ ਹੋ ਸਕਦਾ ਹੈ? ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਵਿਚ (ਸਿਮਰਨ ਦੀ ਰਾਹੀਂ) ਲੀਨ ਹੁੰਦਾ ਹੈ (ਉਹੀ ਪਵਿਤ੍ਰ ਹੁੰਦਾ ਹੈ, ਤੇ) ਉਹ (ਲੋਕ ਪਰਲੋਕ

ਵਿਚ) ਇੱਜ਼ਤ ਪਾਂਦਾ ਹੈ ।੬।

ਹੇ ਪਿਆਰੇ ਪ੍ਰਭੂ! ਮੇਹਰ ਕਰ ਕੇ ਮੈਨੂੰ ਉਹ ਗੁਰੂ ਮਿਲਾ ਜੋ ਅੱਖ ਝਮਕਣ ਦੇ ਸਮੇ ਵਿਚ ਕ੍ਰੋੜਾਂ ਬੰਦਿਆਂ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ, ਜਿਸ ਦਾ ਮਨ ਸਦਾ ਹੀ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ ਤੇ ਗੰਭੀਰ ਰਹਿੰਦਾ ਹੈ ਜਿਸ ਦੇ ਅੰਦਰ ਉੱਚਾ ਆਚਰਨ ਭੀ ਹੈ ਤੇ ਉੱਚੀ (ਆਤਮਕ) ਸੂਝ ਭੀ ਹੈ ।੭।

ਹੇ ਨਾਨਕ! ਪ੍ਰਭੂ-ਦਰ ਤੇ ਇਉਂ ਅਰਦਾਸ ਕਰ—ਹੇ ਪ੍ਰਭੂ! ਮੈਂ ਕਿਸ ਬੰਦੇ ਅੱਗੇ ਤੇਰੀ ਸਿਫ਼ਤਿ-ਸਾਲਾਹ ਕਰਾਂ? ਮੈਨੂੰ ਤਾਂ ਤੈਥੋਂ ਬਿਨਾ ਹੋਰ ਕੋਈ ਕਿਤੇ ਦਿੱਸਦਾ ਹੀ ਨਹੀਂ ।

ਜਿਵੇਂ ਤੇਰੀ ਮੇਹਰ ਹੋਵੇ ਮੈਨੂੰ ਆਪਣੀ ਰਜ਼ਾ ਵਿਚ ਰੱਖ, ਤਾ ਕਿ (ਤੇਰਾ ਦਾਸ) ਅਡੋਲ ਆਤਮਕ ਅਵਸਥਾ ਵਿਚ ਟਿਕ ਕੇ ਤੇਰੇ ਪ੍ਰੇਮ ਵਿਚ ਟਿਕ ਕੇ ਤੇਰੇ ਗੁਣ ਗਾਵੇ ।੮।੨।

ਧਨਾਸਰੀ ਮਹਲਾ ੫ ਘਰੁ ੬ ਅਸਟਪਦੀ ੴ ਸਤਿਗੁਰ ਪ੍ਰਸਾਦਿ ॥ ਜੋ ਜੋ ਜੂਨੀ ਆਇਓ ਤਿਹ ਤਿਹ ਉਰਝਾਇਓ ਮਾਣਸ ਜਨਮੁ ਸੰਜੋਗਿ ਪਾਇਆ ॥ ਤਾਕੀ ਹੈ ਓਟ ਸਾਧ ਰਾਖਹੁ ਦੇ ਕਰਿ ਹਾਥ ਕਰਿ ਕਿਰਪਾ ਮੇਲਹੁ ਹਰਿ ਰਾਇਆ ॥੧॥ ਅਨਿਕ ਜਨਮ ਭ੍ਰਮਿ ਥਿਤਿ ਨਹੀ ਪਾਈ ॥ ਕਰਉ ਸੇਵਾ ਗੁਰ ਲਾਗਉ ਚਰਨ ਗੋਵਿੰਦ ਜੀ ਕਾ ਮਾਰਗੁ ਦੇਹੁ ਜੀ ਬਤਾਈ ॥੧॥ ਰਹਾਉ ॥ ਅਨਿਕ ਉਪਾਵ ਕਰਉ ਮਾਇਆ ਕਉ ਬਚਿਤਿ ਧਰਉ ਮੇਰੀ ਮੇਰੀ ਕਰਤ ਸਦ ਹੀ ਵਿਹਾਵੈ ॥ ਕੋਈ ਐਸੋ ਰੇ ਭੇਟੈ ਸੰਤੁ ਮੇਰੀ ਲਾਹੈ ਸਗਲ ਚਿੰਤ ਠਾਕੁਰ ਸਿਉ ਮੇਰਾ ਰੰਗੁ ਲਾਵੈ ॥੨॥ {ਪੰਨਾ 686}

ਪਦਅਰਥ:- ਜੋ ਜੋ—ਜੇਹੜਾ ਜੇਹੜਾ (ਜੀਵ) । ਤਿਹ ਤਿਹ—ਉਸੇ ਉਸੇ (ਜੂਨ) ਵਿਚ । ਉਰਝਾਇਓ—(ਮਾਇਆ ਦੇ ਮੋਹ ਵਿਚ) ਫਸਿਆ ਹੋਇਆ ਹੈ । ਸੰਜੋਗਿ—ਚੰਗੀ ਕਿਸਮਤ ਨਾਲ । ਤਾਕੀ ਹੈ—(ਮੈਂ) ਤੱਕੀ ਹੈ । ਸਾਧ—ਹੇ ਗੁਰੂ! ਦੇ ਕਰਿ—ਦੇ ਕੇ । ਹਾਥ—{ਬਹੁ-ਵਚਨ} ਦੋਵੇਂ ਹੱਥ । ਹਰਿ ਰਾਇਆ—ਪ੍ਰਭੂ ਪਾਤਿਸ਼ਾਹ ।੧।

ਭ੍ਰਮਿ—ਭਟਕ ਕੇ । ਥਿਤਿ—{i ̂Qiq} ਟਿਕਾਉ । ਪਾਈ—ਲੱਭੀ । ਕਰਉ—ਕਰਉਂ, ਮੈਂ ਕਰਦਾ ਹਾਂ । ਗੁਰ—ਹੇ ਗੁਰੂ! ਲਾਗਉਂ, ਮੈਂ ਲੱਗਦਾ ਹਾਂ । ਮਾਰਗੁ—ਰਸਤਾ । ਬਤਾਈ ਦੇਹੁ—ਬਤਾਇ ਦੇਹੁ ।੧।ਰਹਾਉ।

ਉਪਾਵ—{ਲਫ਼ਜ਼ 'ਉਪਾਉ' ਤੋਂ ਬਹੁ-ਵਚਨ} ਹੀਲੇ । ਕਉ—ਦੀ ਖ਼ਾਤਰ । ਬਚਿਤਿ—ਚਿੱਤ ਵਿਚ ਚੰਗੀ ਤਰ੍ਹਾਂ । ਚਿਤਿ—ਚਿੱਤ ਵਿਚ । ਧਰਉ—ਧਰਉਂ, ਮੈਂ ਧਰਦਾ ਹਾਂ । ਕਰਤ—ਕਰਦਿਆਂ । ਸਦ—ਸਦਾ । ਰੇ—ਹੇ ਭਾਈ! ਭੇਟੈ—ਮਿਲ ਪਏ । ਲਾਹੈ—ਦੂਰ ਕਰ ਦੇਵੇ । ਸਿਉ—ਨਾਲ । ਰੰਗੁ—ਪਿਆਰ । ਲਾਵੈ—ਜੋੜ ਦੇਵੇ ।੨।

ਅਰਥ:- ਹੇ ਸਤਿਗੁਰੂ! ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ (ਜੂਨਾਂ ਤੋਂ ਬਚਣ ਦਾ ਹੋਰ ਕੋਈ) ਟਿਕਾਉ ਨਹੀਂ ਲੱਭਾ । ਹੁਣ ਮੈਂ ਤੇਰੀ ਚਰਨੀਂ ਆ ਪਿਆ ਹਾਂ, ਮੈਂ ਤੇਰੀ ਹੀ ਸੇਵਾ ਕਰਦਾ ਹਾਂ, ਮੈਨੂੰ ਪਰਮਾਤਮਾ (ਦੇ ਮਿਲਾਪ) ਦਾ ਰਸਤਾ ਦੱਸ ਦੇ ।੧।ਰਹਾਉ।

ਹੇ ਗੁਰੂ! ਜੇਹੜਾ ਜੇਹੜਾ ਜੀਵ (ਜਿਸ ਕਿਸੇ) ਜੂਨ ਵਿਚ ਆਇਆ ਹੈ, ਉਹ ਉਸ (ਜੂਨ) ਵਿਚ ਹੀ (ਮਾਇਆ ਦੇ ਮੋਹ ਵਿਚ) ਫਸ ਰਿਹਾ ਹੈ । ਮਨੁੱਖਾ ਜਨਮ (ਕਿਸੇ ਨੇ) ਕਿਸਮਤ ਨਾਲ ਪ੍ਰਾਪਤ ਕੀਤਾ ਹੈ । ਹੇ ਗੁਰੂ! ਮੈਂ ਤਾਂ ਤੇਰਾ ਆਸਰਾ ਤੱਕਿਆ ਹੈ । ਆਪਣੇ ਹੱਥ ਦੇ ਕੇ (ਮੈਨੂੰ ਮਾਇਆ ਦੇ ਮੋਹ ਤੋਂ) ਬਚਾ ਲੈ । ਮੇਹਰ ਕਰ ਕੇ ਮੈਨੂੰ

ਪ੍ਰਭੂ-ਪਾਤਿਸ਼ਾਹ ਨਾਲ ਮਿਲਾ ਦੇ ।੧।

ਹੇ ਭਾਈ! ਮੈਂ (ਨਿੱਤ) ਮਾਇਆ ਦੀ ਖ਼ਾਤਰ (ਹੀ) ਅਨੇਕਾਂ ਹੀਲੇ ਕਰਦਾ ਰਹਿੰਦਾ ਹਾਂ, ਮੈਂ (ਮਾਇਆ ਨੂੰ ਹੀ) ਉਚੇਚੇ ਤੌਰ ਤੇ ਆਪਣੇ ਮਨ ਵਿਚ ਟਿਕਾਈ ਰੱਖਦਾ ਹਾਂ, ਸਦਾ 'ਮੇਰੀ ਮਾਇਆ, ਮੇਰੀ ਮਾਇਆ' ਕਰਦਿਆਂ ਹੀ (ਮੇਰੀ ਉਮਰ ਬੀਤਦੀ) ਜਾ ਰਹੀ ਹੈ । (ਹੁਣ ਮੇਰਾ ਜੀ ਕਰਦਾ ਹੈ ਕਿ) ਮੈਨੂੰ ਕੋਈ ਅਜੇਹਾ ਸੰਤ ਮਿਲ ਪਏ, ਜੇਹੜਾ (ਮੇਰੇ ਅੰਦਰ ਮਾਇਆ ਵਾਲੀ) ਸਾਰੀ ਸੋਚ ਦੂਰ ਕਰ ਦੇਵੇ, ਤੇ, ਪਰਮਾਤਮਾ ਨਾਲ ਮੇਰਾ ਪਿਆਰ ਬਣਾ ਦੇਵੇ ।੨।

ਪੜੇ ਰੇ ਸਗਲ ਬੇਦ ਨਹ ਚੂਕੈ ਮਨ ਭੇਦ ਇਕੁ ਖਿਨੁ ਨ ਧੀਰਹਿ ਮੇਰੇ ਘਰ ਕੇ ਪੰਚਾ ॥ ਕੋਈ ਐਸੋ ਰੇ ਭਗਤੁ ਜੁ ਮਾਇਆ ਤੇ ਰਹਤੁ ਇਕੁ ਅੰਮ੍ਰਿਤ ਨਾਮੁ ਮੇਰੈ ਰਿਦੈ ਸਿੰਚਾ ॥੩॥ ਜੇਤੇ ਰੇ ਤੀਰਥ ਨਾਏ ਅਹੰਬੁਧਿ ਮੈਲੁ ਲਾਏ ਘਰ ਕੋ ਠਾਕੁਰੁ ਇਕੁ ਤਿਲੁ ਨ ਮਾਨੈ ॥ ਕਦਿ ਪਾਵਉ ਸਾਧਸੰਗੁ ਹਰਿ ਹਰਿ ਸਦਾ ਆਨੰਦੁ ਗਿਆਨ ਅੰਜਨਿ ਮੇਰਾ ਮਨੁ ਇਸਨਾਨੈ ॥੪॥ ਸਗਲ ਅਸ੍ਰਮ ਕੀਨੇ ਮਨੂਆ ਨਹ ਪਤੀਨੇ ਬਿਬੇਕਹੀਨ ਦੇਹੀ ਧੋਏ ॥ ਕੋਈ ਪਾਈਐ ਰੇ ਪੁਰਖੁ ਬਿਧਾਤਾ ਪਾਰਬ੍ਰਹਮ ਕੈ ਰੰਗਿ ਰਾਤਾ ਮੇਰੇ ਮਨ ਕੀ ਦੁਰਮਤਿ ਮਲੁ ਖੋਏ ॥੫॥ {ਪੰਨਾ 687}

ਪਦਅਰਥ:- ਰੇ—ਹੇ ਭਾਈ! ਸਗਲ—ਸਾਰੇ । ਚੂਕੈ—ਮੁੱਕਦਾ । ਭੇਦ—ਵਿੱਥ । ਧੀਰਹਿ—ਧੀਰਜ ਕਰਦੇ । ਪੰਚਾ—ਗਿਆਨ-ਇੰਦ੍ਰੇ । ਰਹਤੁ—ਨਿਰਲੇਪ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਰਿਦੈ—ਹਿਰਦੇ ਵਿਚ । ਸਿੰਚਾ—ਸਿੰਜ ਦੇਵੇ ।੩।

ਜੇਤੇ—ਜਿਤਨੇ ਹੀ । ਅਹੰਬੁਧਿ—ਹਉਮੈ ਵਾਲੀ ਅਕਲ । ਘਰ ਕੋ ਠਾਕੁਰੁ—ਹਿਰਦੇ ਘਰ ਦਾ ਮਾਲਕ ਪ੍ਰਭੂ । ਮਾਨੈ—ਮੰਨਦਾ, ਪਤੀਜਦਾ । ਪਾਵਉ—ਪਾਵਉਂ, ਮੈਂ ਪ੍ਰਾਪਤ ਕਰਾਂ । ਸੰਗੁ—ਸਾਥ, ਮਿਲਾਪ । ਅੰਜਨਿ—ਸੁਰਮੇ ਨਾਲ ।੪।

ਅਸ੍ਰਮ—ਸਾਰੀ ਉਮਰ ਦੇ ਚਾਰ ਹਿੱਸਿਆਂ ਦੇ ਵਖ ਵਖ ਧਰਮ {ਬ੍ਰਹਮ ਚਰਜ, ਗ੍ਰਿਹਸਥ, ਵਾਨਪ੍ਰਸਥ, ਸੰਨਿਆਸ—ਇਹ ਹਨ ਚਾਰ ਆਸ੍ਰਮ} । ਬਿਬੇਕਹੀਨ—ਵਿਚਾਰ ਤੋਂ ਸੱਖਣਾ । ਦੇਹੀ—ਸਰੀਰ । ਬਿਧਾਤਾ—ਕਰਤਾਰ । ਕੈ ਰੰਗਿ—ਦੇ ਪ੍ਰੇਮ ਵਿਚ । ਰਾਤਾ—ਰੰਗਿਆ ਹੋਇਆ ।੫।

ਅਰਥ:- ਹੇ ਭਾਈ! ਸਾਰੇ ਵੇਦ ਪੜ੍ਹ ਵੇਖੇ ਹਨ, (ਇਹਨਾਂ ਦੇ ਪੜ੍ਹਨ ਨਾਲ ਪਰਮਾਤਮਾ ਨਾਲੋਂ) ਮਨ ਦੀ ਵਿੱਥ ਨਹੀਂ ਮੁੱਕਦੀ, (ਵੇਦ ਆਦਿਕਾਂ ਦੇ ਪੜ੍ਹਨ ਨਾਲ) ਗਿਆਨ-ਇੰਦ੍ਰੇ ਇਕ ਛਿਨ ਵਾਸਤੇ ਭੀ ਸ਼ਾਂਤ ਨਹੀਂ ਹੁੰਦੇ । ਹੇ ਭਾਈ! ਕੋਈ ਅਜੇਹਾ ਭਗਤ (ਮਿਲ ਪਏ) ਜੇਹੜਾ (ਆਪ) ਮਾਇਆ ਤੋਂ ਨਿਰਲੇਪ ਹੋਵੇ, (ਉਹੀ ਭਗਤ) ਮੇਰੇ ਹਿਰਦੇ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਸਿੰਜ ਸਕਦਾ ਹੈ ।੩।

ਹੇ ਭਾਈ! ਜਿਤਨੇ ਭੀ ਤੀਰਥ ਹਨ ਜੇ ਉਹਨਾਂ ਉਤੇ ਇਸ਼ਨਾਨ ਕੀਤਾ ਜਾਏ; ਉਹ ਇਸ਼ਨਾਨ ਸਗੋਂ ਮਨ ਨੂੰ ਹਉਮੈ ਦੀ ਮੈਲ ਲਾ ਦੇਂਦੇ ਹਨ, (ਇਹਨਾਂ ਤੀਰਥ-ਇਸ਼ਨਾਨਾਂ ਨਾਲ) ਪਰਮਾਤਮਾ ਰਤਾ ਭਰ ਭੀ ਪ੍ਰਸੰਨ ਨਹੀਂ ਹੁੰਦਾ । (ਮੇਰੀ ਤਾਂ ਇਹ ਤਾਂਘ ਹੈ ਕਿ) ਮੈਂ ਕਦੇ ਸਾਧ ਸੰਗਤਿ ਪ੍ਰਾਪਤ ਕਰ ਸਕਾਂ, (ਸਾਧ ਸੰਗਤਿ ਦੀ ਬਰਕਤਿ ਨਾਲ ਮਨ ਵਿਚ) ਸਦਾ ਆਤਮਕ ਆਨੰਦ ਬਣਿਆ ਰਹੇ, ਤੇ, ਮੇਰਾ ਮਨ ਗਿਆਨ ਦੇ ਸੁਰਮੇ ਨਾਲ (ਆਪਣੇ ਆਪ ਨੂੰ) ਪਵਿਤ੍ਰ ਕਰ ਲਏ ।੪।

ਹੇ ਭਾਈ! ਸਾਰੇ ਹੀ ਆਸ੍ਰਮਾਂ ਦੇ ਧਰਮ ਕਮਾਇਆਂ ਭੀ ਮਨ ਨਹੀਂ ਪਤੀਜਦਾ । ਵਿਚਾਰ-ਹੀਨ ਮਨੁੱਖ ਸਿਰਫ਼

ਸਰੀਰ ਨੂੰ ਹੀ ਸਾਫ਼-ਸੁਥਰਾ ਕਰਦੇ ਰਹਿੰਦੇ ਹਨ । ਹੇ ਭਾਈ! (ਮੇਰੀ ਇਹ ਲਾਲਸਾ ਹੈ ਕਿ) ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਹੋਇਆ, ਪਰਮਾਤਮਾ ਦਾ ਰੂਪ ਕੋਈ ਮਹਾ ਪੁਰਖ ਲੱਭ ਪਏ, ਤੇ, ਉਹ ਮੇਰੇ ਮਨ ਦੀ ਭੈੜੀ ਮਤਿ ਦੀ ਮੈਲ ਦੂਰ ਕਰ ਦੇਵੇ ।੫।

ਕਰਮ ਧਰਮ ਜੁਗਤਾ ਨਿਮਖ ਨ ਹੇਤੁ ਕਰਤਾ ਗਰਬਿ ਗਰਬਿ ਪੜੈ ਕਹੀ ਨ ਲੇਖੈ ॥ ਜਿਸੁ ਭੇਟੀਐ ਸਫਲ ਮੂਰਤਿ ਕਰੈ ਸਦਾ ਕੀਰਤਿ ਗੁਰ ਪਰਸਾਦਿ ਕੋਊ ਨੇਤ੍ਰਹੁ ਪੇਖੈ ॥੬॥ ਮਨਹਠਿ ਜੋ ਕਮਾਵੈ ਤਿਲੁ ਨ ਲੇਖੈ ਪਾਵੈ ਬਗੁਲ ਜਿਉ ਧਿਆਨੁ ਲਾਵੈ ਮਾਇਆ ਰੇ ਧਾਰੀ ॥ ਕੋਈ ਐਸੋ ਰੇ ਸੁਖਹ ਦਾਈ ਪ੍ਰਭ ਕੀ ਕਥਾ ਸੁਨਾਈ ਤਿਸੁ ਭੇਟੇ ਗਤਿ ਹੋਇ ਹਮਾਰੀ ॥੭॥ ਸੁਪ੍ਰਸੰਨ ਗੋਪਾਲ ਰਾਇ ਕਾਟੈ ਰੇ ਬੰਧਨ ਮਾਇ ਗੁਰ ਕੈ ਸਬਦਿ ਮੇਰਾ ਮਨੁ ਰਾਤਾ ॥ ਸਦਾ ਸਦਾ ਆਨੰਦੁ ਭੇਟਿਓ ਨਿਰਭੈ ਗੋਬਿੰਦੁ ਸੁਖ ਨਾਨਕ ਲਾਧੇ ਹਰਿ ਚਰਨ ਪਰਾਤਾ ॥੮॥ ਸਫਲ ਸਫਲ ਭਈ ਸਫਲ ਜਾਤ੍ਰਾ ॥ ਆਵਣ ਜਾਣ ਰਹੇ ਮਿਲੇ ਸਾਧਾ ॥੧॥ ਰਹਾਉ ਦੂਜਾ ॥੧॥੩॥ {ਪੰਨਾ 687}

ਪਦਅਰਥ:- ਕਰਮ ਧਰਮ—ਮਿਥੇ ਹੋਏ ਧਾਰਮਿਕ ਕਰਮ । ਕਰਮ ਧਰਮ ਜੁਗਤਾ—(ਤੀਰਥ ਇਸ਼ਨਾਨ ਆਦਿਕ ਮਿਥੇ ਹੋਏ) ਧਾਰਮਿਕ ਕੰਮਾਂ ਵਿਚ ਰੁੱਝਾ ਹੋਇਆ । ਨਿਮਖ—ਅੱਖ ਝਮਕਣ ਜਿਤਨਾ ਸਮਾ । ਹੇਤੁ—(ਪ੍ਰਭੂ ਨਾਲ) ਪ੍ਰੇਮ । ਗਰਬਿ ਗਰਬਿ—ਮੁੜ ਮੁੜ ਅਹੰਕਾਰ ਵਿਚ । ਪੜੈ—ਪੈਂਦਾ ਹੈ । ਜਿਸੁ—ਜਿਸ ਮਨੁੱਖ ਨੂੰ । ਭੇਟੀਐ—ਮਿਲਦਾ ਹੈ । ਸਫਲ ਮੂਰਤਿ—ਉਹ ਗੁਰੂ ਜਿਸ ਦੀ ਹਸਤੀ ਸਾਰੇ ਫਲ ਦੇਂਦੀ ਹੈ । ਕੀਰਤਿ—ਸਿਫ਼ਤਿ-ਸਾਲਾਹ । ਪਰਸਾਦਿ—ਕਿਰਪਾ ਨਾਲ ।੬।

ਹਠਿ—ਹਠ ਨਾਲ । ਤਿਲ—ਰਤਾ ਭਰ ਭੀ । ਬਗੁਲ—ਬਗੁਲਾ । ਮਾਇਆ ਧਾਰੀ—ਆਪਣੇ ਮਨ ਵਿਚ ਮਾਇਆ ਦਾ ਹੀ ਮੋਹ ਟਿਕਾਈ ਰੱਖਣ ਵਾਲਾ । ਸੁਖਹ ਦਾਈ—ਆਤਮਕ ਆਨੰਦ ਦੇਣ ਵਾਲਾ । ਤਿਸੁ ਭੇਟੇ—ਉਸ ਨੂੰ ਮਿਲਿਆਂ । ਗਤਿ—ਉੱਚੀ ਆਤਮਕ ਅਵਸਥਾ ।੭।

ਗੋਪਾਲ ਰਾਇ—ਪ੍ਰਭੂ ਪਾਤਿਸ਼ਾਹ । ਰੇ—ਹੇ ਭਾਈ! ਮਾਇ—ਮਾਇਆ (ਦੇ) । ਕੈ ਸਬਦਿ—ਦੇ ਸ਼ਬਦ ਵਿਚ । ਰਾਤਾ—ਮਗਨ । ਪਰਾਤਾ—ਪੈ ਕੇ ।੮।

ਜਾਤ੍ਰਾ—ਮਨੁੱਖਾ ਜੀਵਨ ਦਾ ਸਫ਼ਰ । ਰਹੇ—ਮੁੱਕ ਗਏ । ਮਿਲੇ—ਮਿਲਿ, ਮਿਲ ਕੇ । ਸਾਧਾ—ਸਾਧ, ਗੁਰੂ (ਨੂੰ) ।੧।

ਅਰਥ:- ਹੇ ਭਾਈ! ਜੇਹੜਾ ਮਨੁੱਖ (ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ) ਧਾਰਮਿਕ ਕਰਮਾਂ ਵਿਚ ਹੀ ਰੁੱਝਾ ਰਹਿੰਦਾ ਹੈ, ਰਤਾ-ਭਰ ਸਮੇ ਲਈ ਭੀ ਪਰਮਾਤਮਾ ਨਾਲ ਪਿਆਰ ਨਹੀਂ ਕਰਦਾ, (ਉਹ ਇਹਨਾਂ ਕੀਤੇ ਕਰਮਾਂ ਦੇ ਆਸਰੇ) ਮੁੜ ਮੁੜ ਅਹੰਕਾਰ ਵਿਚ ਟਿਕਿਆ ਰਹਿੰਦਾ ਹੈ, (ਇਹਨਾਂ ਕੀਤੇ ਧਾਰਮਿਕ ਕਰਮਾਂ ਵਿਚੋਂ ਕੋਈ ਭੀ ਕਰਮ) ਕਿਸੇ ਕੰਮ ਨਹੀਂ ਆਉਂਦਾ । ਹੇ ਭਾਈ! ਜਿਸ ਮਨੁੱਖ ਨੂੰ ਉਹ ਗੁਰੂ ਮਿਲ ਪੈਂਦਾ ਹੈ ਜੋ ਸਾਰੀਆਂ ਮੁਰਾਦਾਂ ਪੂਰੀਆਂ ਕਰਨ ਵਾਲਾ ਹੈ ਅਤੇ ਜਿਸ ਦੀ ਕਿਰਪਾ ਨਾਲ ਮਨੁੱਖ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਉਸ ਗੁਰੂ ਦੀ ਕਿਰਪਾ ਨਾਲ ਕੋਈ ਭਾਗਾਂ ਵਾਲਾ ਮਨੁੱਖ ਪਰਮਾਤਮਾ ਨੂੰ ਆਪਣੀਆਂ ਅੱਖਾਂ ਨਾਲ (ਹਰ ਥਾਂ ਵੱਸਦਾ) ਵੇਖ ਲੈਂਦਾ ਹੈ ।੬।

ਹੇ ਭਾਈ! ਜੇਹੜਾ ਮਨੁੱਖ ਮਨ ਦੇ ਹਠ ਨਾਲ (ਤਪ ਆਦਿਕ ਘਾਲ) ਕਰਦਾ ਹੈ, (ਪਰਮਾਤਮਾ ਉਸਦੀ ਇਸ ਮੇਹਨਤ ਨੂੰ) ਰਤਾ ਭਰ ਭੀ ਪਰਵਾਨ ਨਹੀਂ ਕਰਦਾ (ਕਿਉਂਕਿ) ਹੇ ਭਾਈ! ਉਹ ਮਨੁੱਖ ਤਾਂ ਬਗੁਲੇ ਵਾਂਗ ਹੀ

ਸਮਾਧੀ ਲਾ ਰਿਹਾ ਹੁੰਦਾ ਹੈ; ਆਪਣੇ ਮਨ ਵਿਚ ਉਹ ਮਾਇਆ ਦਾ ਮੋਹ ਹੀ ਟਿਕਾਈ ਰੱਖਦਾ ਹੈ । ਹੇ ਭਾਈ! ਜੇ ਕੋਈ ਅਜੇਹਾ ਆਤਮਕ ਆਨੰਦ-ਦਾਤਾ ਮਿਲ ਪਏ, ਜੇਹੜਾ ਸਾਨੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਗੱਲ ਸੁਣਾਏ, ਤਾਂ ਉਸ ਨੂੰ ਮਿਲ ਕੇ ਸਾਡੀ ਆਤਮਕ ਅਵਸਥਾ ਉੱਚੀ ਹੋ ਸਕਦੀ ਹੈ ।੭।

ਹੇ ਭਾਈ! ਜਿਸ ਮਨੁੱਖ ਉਤੇ ਪ੍ਰਭੂ-ਪਾਤਿਸ਼ਾਹ ਦਇਆਲ ਹੁੰਦਾ ਹੈ, (ਗੁਰੂ ਉਸ ਦੇ) ਮਾਇਆ ਦੇ ਬੰਧਨ ਕੱਟ ਦੇਂਦਾ ਹੈ । ਹੇ ਭਾਈ! ਮੇਰਾ ਮਨ (ਭੀ) ਗੁਰੂ ਦੇ ਸ਼ਬਦ ਵਿਚ (ਹੀ) ਮਗਨ ਰਹਿੰਦਾ ਹੈ । ਹੇ ਨਾਨਕ! (ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਨੂੰ) ਸਾਰੇ ਡਰਾਂ ਤੋਂ ਰਹਿਤ ਗੋਬਿੰਦ ਮਿਲ ਪੈਂਦਾ ਹੈ, ਉਸ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ, ਪਰਮਾਤਮਾ ਦੇ ਚਰਨਾਂ ਵਿਚ ਲੀਨ ਰਹਿ ਕੇ ਉਹ ਮਨੁੱਖ ਸਾਰੇ ਸੁਖ ਪ੍ਰਾਪਤ ਕਰ ਲੈਂਦਾ ਹੈ ।੮।

(ਹੇ ਭਾਈ! ਗੁਰੂ ਦੇ ਦਰ ਤੇ ਪਿਆਂ) ਮਨੁੱਖਾ ਜੀਵਨ ਵਾਲਾ ਸਫ਼ਰ ਕਾਮਯਾਬ ਹੋ ਜਾਂਦਾ ਹੈ । ਗੁਰੂ ਨੂੰ ਮਿਲ ਕੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ ।੧। ਰਹਾਉ ਦੂਜਾ ।੧।੩।

ਨੋਟ:- ਇਹ ੧ ਅਸ਼ਟਪਦੀ ਮਹਲਾ ੫ ਦੀ ਹੈ । ਮਹਲਾ ੧ ਦੀਆਂ ਦੋ ਅਸ਼ਟਪਦੀਆਂ ਹਨ । ਕੁੱਲ ਜੋੜ ੩ ਬਣਿਆ ।

ਧਨਾਸਰੀ ਮਹਲਾ ੧ ਛੰਤ ੴ ਸਤਿਗੁਰ ਪ੍ਰਸਾਦਿ ॥ ਤੀਰਥਿ ਨਾਵਣ ਜਾਉ ਤੀਰਥੁ ਨਾਮੁ ਹੈ ॥ ਤੀਰਥੁ ਸਬਦ ਬੀਚਾਰੁ ਅੰਤਰਿ ਗਿਆਨੁ ਹੈ ॥ ਗੁਰ ਗਿਆਨੁ ਸਾਚਾ ਥਾਨੁ ਤੀਰਥੁ ਦਸ ਪੁਰਬ ਸਦਾ ਦਸਾਹਰਾ ॥ ਹਉ ਨਾਮੁ ਹਰਿ ਕਾ ਸਦਾ ਜਾਚਉ ਦੇਹੁ ਪ੍ਰਭ ਧਰਣੀਧਰਾ ॥ ਸੰਸਾਰੁ ਰੋਗੀ ਨਾਮੁ ਦਾਰੂ ਮੈਲੁ ਲਾਗੈ ਸਚ ਬਿਨਾ ॥ ਗੁਰ ਵਾਕੁ ਨਿਰਮਲੁ ਸਦਾ ਚਾਨਣੁ ਨਿਤ ਸਾਚੁ ਤੀਰਥੁ ਮਜਨਾ ॥੧॥ ਸਾਚਿ ਨ ਲਾਗੈ ਮੈਲੁ ਕਿਆ ਮਲੁ ਧੋਈਐ ॥ ਗੁਣਹਿ ਹਾਰੁ ਪਰੋਇ ਕਿਸ ਕਉ ਰੋਈਐ ॥ ਵੀਚਾਰਿ ਮਾਰੈ ਤਰੈ ਤਾਰੈ ਉਲਟਿ ਜੋਨਿ ਨ ਆਵਏ ॥ ਆਪਿ ਪਾਰਸੁ ਪਰਮ ਧਿਆਨੀ ਸਾਚੁ ਸਾਚੇ ਭਾਵਏ ॥ ਆਨੰਦੁ ਅਨਦਿਨੁ ਹਰਖੁ ਸਾਚਾ ਦੂਖ ਕਿਲਵਿਖ ਪਰਹਰੇ ॥ ਸਚੁ ਨਾਮੁ ਪਾਇਆ ਗੁਰਿ ਦਿਖਾਇਆ ਮੈਲੁ ਨਾਹੀ ਸਚ ਮਨੇ ॥੨॥ ਸੰਗਤਿ ਮੀਤ ਮਿਲਾਪੁ ਪੂਰਾ ਨਾਵਣੋ ॥ ਗਾਵੈ ਗਾਵਣਹਾਰੁ ਸਬਦਿ ਸੁਹਾਵਣੋ ॥ ਸਾਲਾਹਿ ਸਾਚੇ ਮੰਨਿ ਸਤਿਗੁਰੁ ਪੁੰਨ ਦਾਨ ਦਇਆ ਮਤੇ ॥ ਪਿਰ ਸੰਗਿ ਭਾਵੈ ਸਹਜਿ ਨਾਵੈ ਬੇਣੀ ਤ ਸੰਗਮੁ ਸਤ ਸਤੇ ॥ ਆਰਾਧਿ ਏਕੰਕਾਰੁ ਸਾਚਾ ਨਿਤ ਦੇਇ ਚੜੈ ਸਵਾਇਆ ॥ ਗਤਿ ਸੰਗਿ ਮੀਤਾ ਸੰਤਸੰਗਤਿ ਕਰਿ ਨਦਰਿ ਮੇਲਿ ਮਿਲਾਇਆ ॥੩॥ ਕਹਣੁ ਕਹੈ ਸਭੁ ਕੋਇ ਕੇਵਡੁ ਆਖੀਐ ॥ ਹਉ ਮੂਰਖੁ ਨੀਚੁ ਅਜਾਣੁ ਸਮਝਾ ਸਾਖੀਐ ॥ ਸਚੁ ਗੁਰ ਕੀ ਸਾਖੀ ਅੰਮ੍ਰਿਤ ਭਾਖੀ ਤਿਤੁ ਮਨੁ ਮਾਨਿਆ ਮੇਰਾ ॥ ਕੂਚੁ ਕਰਹਿ ਆਵਹਿ ਬਿਖੁ ਲਾਦੇ ਸਬਦਿ ਸਚੈ ਗੁਰੁ ਮੇਰਾ ॥ ਆਖਣਿ ਤੋਟਿ ਨ ਭਗਤਿ ਭੰਡਾਰੀ ਭਰਿਪੁਰਿ ਰਹਿਆ ਸੋਈ ॥ ਨਾਨਕ ਸਾਚੁ ਕਹੈ ਬੇਨੰਤੀ ਮਨੁ ਮਾਂਜੈ ਸਚੁ ਸੋਈ ॥੪॥੧॥ {ਪੰਨਾ 687-688}

ਪਦਅਰਥ:- ਤੀਰਥਿ—ਤੀਰਥ ਉਤੇ । ਜਾਉ—ਮੈਂ ਜਾਂਦਾ ਹਾਂ । ਸਬਦ ਬੀਚਾਰੁ—ਸ਼ਬਦ ਦੀ ਵਿਚਾਰ । ਅੰਤਰਿ—ਅੰਦਰ, ਮਨ ਵਿਚ । ਗਿਆਨੁ—ਪਰਮਾਤਮਾ ਨਾਲ ਜਾਣ-ਪਛਾਣ । ਸਾਚਾ—ਸਦਾ-ਥਿਰ ਰਹਿਣ ਵਾਲਾ । ਦਸ ਪੁਰਬ—ਦਸ ਪਵਿਤ੍ਰ ਦਿਹਾੜੇ {ਮੱਸਿਆ, ਸੰਗ੍ਰਾਂਦ, ਪੂਰਨਮਾਸੀ, ਚਾਨਣਾ ਐਤਵਾਰ, ਸੂਰਜ

ਗ੍ਰਹਣ, ਚੰਦ ਗ੍ਰਹਣ, ਦੋ ਅਸ਼ਟਮੀਆਂ, ਦੋ ਚੌਦੇਂ} । ਦਸਾਹਰਾ—ਦਸ ਪਾਪ ਹਰਨ ਵਾਲਾ ਦਿਨ, ਜੇਠ ਸੁਦੀ ਦਸਮੀ, ਗੰਗਾ ਦਾ ਜਨਮ ਦਿਨ । ਹਉ—ਮੈਂ । ਜਾਚਉ—ਮੰਗਦਾ ਹਾਂ । ਧਰਣੀਧਰਾ—{ਧਰਣੀ—ਧਰਤੀ । ਧਰ—ਆਸਰਾ} ਹੇ ਧਰਤੀ ਦੇ ਆਸਰੇ ਪ੍ਰਭੂ! ਸਾਚੁ—ਸਦਾ-ਥਿਰ ਰਹਿਣ ਵਾਲਾ । ਮਜਨਾ—ਇਸ਼ਨਾਨ ।੧।

ਸਾਚਿ—ਸਦਾ-ਥਿਰ ਪ੍ਰਭੂ ਦੇ ਨਾਮ ਵਿਚ (ਜੁੜਿਆਂ) । ਕਿਆ ਧੋਈਐ—(ਤੀਰਥ ਆਦਿਕਾਂ ਤੇ ਜਾ ਕੇ) ਧੋਣ ਦੀ ਲੋੜ ਨਹੀਂ ਪੈਂਦੀ । ਗੁਣਹਿ ਹਾਰੁ—ਗੁਣਾਂ ਦਾ ਹਾਰ । ਪਰੋਇ—ਪ੍ਰੋ ਕੇ । ਕਿਸ ਕਉ ਰੋਈਐ—ਕਿਸੇ ਅੱਗੇ ਪੁਕਾਰ ਕਰਨ ਦੀ ਲੋੜ ਨਹੀਂ ਰਹਿੰਦੀ । ਵੀਚਾਰਿ—ਗੁਰੂ ਦੇ ਸ਼ਬਦ ਦੀ ਵਿਚਾਰ ਰਾਹੀਂ । ਉਲਟਿ—ਮੁੜ । ਆਵਏ—ਆਵੈ, ਆਉਂਦਾ । ਪਾਰਸੁ—ਧਾਤਾਂ ਨੂੰ ਸੋਨਾ ਬਣਾ ਦੇਣ ਵਾਲੀ ਪੱਥਰੀ । ਪਰਮ ਧਿਆਨੀ—ਬਹੁਤ ਉੱਚੀ ਸੁਰਤਿ ਦਾ ਮਾਲਕ । ਸਾਚੁ—ਸਦਾ-ਥਿਰ ਪ੍ਰਭੂ ਦਾ ਰੂਪ । ਭਾਵਏ—ਭਾਵੈ, ਪਸੰਦ ਆ ਜਾਂਦਾ ਹੈ । ਅਨਦਿਨੁ—ਹਰ ਰੋਜ਼ । ਹਰਖੁ—ਖ਼ੁਸ਼ੀ । ਕਿਲਵਿਖ—ਪਾਪ । ਪਰਹਰੇ—ਦੂਰ ਕਰ ਲੈਂਦਾ ਹੈ । ਗੁਰਿ—ਗੁਰੂ ਨੇ । ਸਚ ਮਨੇ—ਸਦਾ-ਥਿਰ ਨਾਮ ਨੂੰ ਜਪਣ ਵਾਲੇ ਮਨ ਨੂੰ ।੨।

ਮੀਤ ਮਿਲਾਪੁ—ਮਿੱਤ੍ਰ ਪ੍ਰਭੂ ਦਾ ਮਿਲਾਪ । ਨਾਵਣੋ—ਨਾਵਣੁ, ਇਸ਼ਨਾਨ । ਗਾਵਣਹਾਰੁ—ਗਾਵਣ-ਜੋਗ ਪ੍ਰਭੂ । ਸਬਦਿ—ਗੁਰੂ ਦੇ ਸ਼ਬਦ ਵਿਚ (ਜੁੜ ਕੇ) । ਸੁਹਾਵਣੋ—ਸੋਹਣੇ ਜੀਵਨ ਵਾਲਾ । ਸਾਲਾਹਿ—ਸਿਫ਼ਤਿ-ਸਾਲਾਹ ਕਰ ਕੇ । ਮੰਨਿ—ਮੰਨ ਕੇ, ਸਰਧਾ ਰੱਖ ਕੇ । ਮਤੇ—ਮਤਿ । ਪਿਰ ਸੰਗਿ—ਪਤੀ ਪ੍ਰਭੂ ਦੀ ਸੰਗਤਿ ਵਿਚ । ਭਾਵੈ—(ਪ੍ਰਭੂ ਨੂੰ) ਪਿਆਰਾ ਲੱਗਦਾ ਹੈ । ਸਹਜਿ—ਆਤਮਕ ਅਡੋਲਤਾ ਵਿਚ । ਬੇਣੀ ਸੰਗਮੁ—ਤ੍ਰਿਬੇਣੀ ਜੰਗਮ, ਤਿੰਨ ਨਦੀਆਂ (ਗੰਗਾ, ਜਮਨਾ, ਸਰਸ੍ਵਤੀ) ਦਾ ਮਿਲਾਪ-ਥਾਂ, ਪ੍ਰਯਾਗ (ਅਲਾਹਾਬਾਦ ਦੇ ਨਜ਼ਦੀਕ) । ਸਤ ਸਤੇ—ਸੁੱਚੇ ਤੋਂ ਸੁੱਚਾ । ਸਾਚਾ—ਸਦਾ-ਥਿਰ ਰਹਿਣ ਵਾਲਾ । ਦੇਇ—ਦੇਂਦਾ ਹੈ (ਜੋ ਪ੍ਰਭੂ) । ਚੜੈ ਸਵਾਇਆ—(ਉਸ ਦਾ ਦਿੱਤਾ) ਦਿਨੋ ਦਿਨ ਵਧਦਾ ਹੈ । ਕਰਿ—ਕਰ ਕੇ । ਮੇਲਿ—ਸੰਗਤਿ ਵਿਚ ।੩।

ਕਹਣੁ—ਕਥਨ । ਕਹਣੁ ਕਹੈ—ਕਥਨ ਕਥੈ । ਸਭੁ ਕੋਇ—ਹਰੇਕ ਜੀਵ । ਕੇਵਡੁ—ਕਿਤਨਾ ਵੱਡਾ । ਕੇਵਡੁ ਆਖੀਐ—ਕਿਤਨਾ ਵੱਡਾ ਆਖਿਆ ਜਾ ਸਕਦਾ ਹੈ, ਇਹ ਨਹੀਂ ਦੱਸਿਆ ਜਾ ਸਕਦਾ ਕਿ ਪਰਮਾਤਮਾ ਕੇਡਾ ਵੱਡਾ ਹੈ । ਹਉ—ਮੈਂ । ਸਮਝਾ—ਮੈਂ ਸਮਝ ਸਕਦਾ ਹਾਂ । ਸਾਖੀਐ—ਗੁਰੂ ਦੇ ਉਪਦੇਸ਼ ਨਾਲ । ਸਾਖੀ—ਸਿੱਖਿਆ, ਉਪਦੇਸ਼, ਸ਼ਬਦ । ਅੰਮ੍ਰਿਤ ਸਾਖੀ—ਆਤਮਕ ਜੀਵਨ ਦੇਣ ਵਾਲਾ ਉਪਦੇਸ਼ । ਗੁਰ ਕੀ ਭਾਖੀ ਸਾਖੀ—ਗੁਰੂ ਦਾ ਉਚਾਰਿਆ ਹੋਇਆ ਸ਼ਬਦ । ਸਚੁ ਸਾਖੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਸ਼ਬਦ । ਤਿਤੁ—ਉਸ ਸ਼ਬਦ ਵਿਚ । ਬਿਖੁ—(ਮਾਇਆ-ਮੋਹ ਦਾ) ਜ਼ਹਰ । ਸਬਦਿ ਸਚੈ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ । ਆਖਣਿ—ਆਖਣ ਨਾਲ, ਬਿਆਨ ਕਰਨ ਨਾਲ । ਤੋਟਿ—ਖ਼ਾਤਮਾ । ਭੰਡਾਰੀ—ਭੰਡਾਰੀਂ, ਭੰਡਾਰਿਆਂ ਵਿਚ । ਭਰਿਪੁਰਿ ਰਹਿਆ—ਹਰ ਥਾਂ ਮੌਜੂਦ ਹੈ । ਸੋਈ—ਉਹ (ਪ੍ਰਭੂ) ਹੀ । ਸਾਚੁ ਕਹੈ—ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਦਾ ਹੈ । ਕਹੈ ਬੇਨੰਤੀ—ਅਰਦਾਸਾਂ ਕਰਦਾ ਹੈ । ਮਾਂਜੈ—ਸਾਫ਼ ਕਰਦਾ ਹੈ । ਸਚੁ—ਸਦਾ-ਥਿਰ ਪ੍ਰਭੂ । ਸਚੁ ਸੋਈ—ਸਦਾ-ਥਿਰ ਪ੍ਰਭੂ ਹੀ (ਹਰ ਥਾਂ ਦਿੱਸਦਾ ਹੈ) ।੪।

ਅਰਥ:- ਮੈਂ (ਭੀ) ਤੀਰਥ ਉਤੇ ਇਸ਼ਨਾਨ ਕਰਨ ਜਾਂਦਾ ਹਾਂ (ਪਰ ਮੇਰੇ ਵਾਸਤੇ ਪਰਮਾਤਮਾ ਦਾ) ਨਾਮ (ਹੀ) ਤੀਰਥ ਹੈ । ਗੁਰੂ ਦੇ ਸ਼ਬਦ ਨੂੰ ਵਿਚਾਰ-ਮੰਡਲ ਵਿਚ ਟਿਕਾਣਾ (ਮੇਰੇ ਵਾਸਤੇ) ਤੀਰਥ ਹੈ (ਕਿਉਂਕਿ ਇਸ ਦੀ ਬਰਕਤਿ ਨਾਲ) ਮੇਰੇ ਅੰਦਰ ਪਰਮਾਤਮਾ ਨਾਲ ਡੂੰਘੀ ਸਾਂਝ ਬਣਦੀ ਹੈ । ਸਤਿਗੁਰੂ ਦਾ ਬਖ਼ਸ਼ਿਆ ਇਹ ਗਿਆਨ ਮੇਰੇ ਵਾਸਤੇ ਸਦਾ ਕਾਇਮ ਰਹਿਣ ਵਾਲਾ ਤੀਰਥ-ਅਸਥਾਨ ਹੈ, ਮੇਰੇ ਵਾਸਤੇ ਦਸ ਪਵਿਤ੍ਰ ਦਿਹਾੜੇ ਹੈ, ਮੇਰੇ ਵਾਸਤੇ ਗੰਗਾ ਦਾ ਜਨਮ-ਦਿਨ ਹੈ । ਮੈਂ ਤਾਂ ਸਦਾ ਪ੍ਰਭੂ ਦਾ ਨਾਮ ਹੀ ਮੰਗਦਾ ਹਾਂ ਤੇ (ਅਰਦਾਸ ਕਰਦਾ ਹਾਂ—) ਹੇ ਧਰਤੀ ਦੇ ਆਸਰੇ ਪ੍ਰਭੂ! (ਮੈਨੂੰ ਆਪਣਾ ਨਾਮ) ਦੇਹ । ਜਗਤ (ਵਿਕਾਰਾਂ ਵਿਚ) ਰੋਗੀ ਹੋਇਆ ਪਿਆ ਹੈ,

ਪਰਮਾਤਮਾ ਦਾ ਨਾਮ (ਇਹਨਾਂ ਰੋਗਾਂ ਦਾ) ਇਲਾਜ ਹੈ । ਸਦਾ-ਥਿਰ ਪ੍ਰਭੂ ਦੇ ਨਾਮ ਤੋਂ ਬਿਨਾ (ਮਨ ਨੂੰ ਵਿਕਾਰਾਂ ਦੀ) ਮੈਲ ਲੱਗ ਜਾਂਦੀ ਹੈ । ਗੁਰੂ ਦਾ ਪਵਿਤ੍ਰ ਸ਼ਬਦ (ਮਨੁੱਖ ਨੂੰ) ਸਦਾ (ਆਤਮਕ) ਚਾਨਣ (ਦੇਂਦਾ ਹੈ, ਇਹੀ) ਨਿੱਤ ਸਦਾ ਕਾਇਮ ਰਹਿਣ ਵਾਲਾ ਤੀਰਥ ਹੈ, ਇਹੀ ਤੀਰਥ-ਇਸ਼ਨਾਨ ਹੈ ।੧।

ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜਿਆਂ ਮਨ ਨੂੰ (ਵਿਕਾਰਾਂ ਦੀ) ਮੈਲ ਨਹੀਂ ਲੱਗਦੀ, (ਫਿਰ ਤੀਰਥ ਆਦਿਕਾਂ ਤੇ ਜਾ ਕੇ) ਕੋਈ ਮੈਲ ਧੋਣ ਦੀ ਲੋੜ ਹੀ ਨਹੀਂ ਪੈਂਦੀ । ਪਰਮਾਤਮਾ ਦੇ ਗੁਣਾਂ ਦਾ ਹਾਰ (ਹਿਰਦੇ ਵਿਚ) ਪ੍ਰੋ ਕੇ ਕਿਸੇ ਅੱਗੇ ਪੁਕਾਰ ਕਰਨ ਦੀ ਭੀ ਲੋੜ ਨਹੀਂ ਪੈਂਦੀ ।

ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਵਿਚਾਰ ਰਾਹੀਂ (ਆਪਣੇ ਮਨ ਨੂੰ ਵਿਕਾਰਾਂ ਵਲੋਂ) ਮਾਰ ਲੈਂਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, (ਹੋਰਨਾਂ ਨੂੰ ਭੀ) ਪਾਰ ਲੰਘਾ ਲੈਂਦਾ ਹੈ, ਉਹ ਮੁੜ ਜੂਨਾਂ (ਦੇ ਚੱਕਰ) ਵਿਚ ਨਹੀਂ ਆਉਂਦਾ । ਉਹ ਮਨੁੱਖ ਆਪ ਪਾਰਸ ਬਣ ਜਾਂਦਾ ਹੈ, ਬੜੀ ਹੀ ਉੱਚੀ ਸੁਰਤਿ ਦਾ ਮਾਲਕ ਹੋ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਦਾ ਰੂਪ ਬਣ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ । ਉਸ ਦੇ ਅੰਦਰ ਹਰ ਵੇਲੇ ਆਨੰਦ ਬਣਿਆ ਰਹਿੰਦਾ ਹੈ, ਸਦਾ-ਥਿਰ ਰਹਿਣ ਵਾਲੀ ਖ਼ੁਸ਼ੀ ਪੈਦਾ ਹੋ ਜਾਂਦੀ ਹੈ, ਉਹ ਮਨੁੱਖ ਆਪਣੇ (ਸਾਰੇ) ਦੁੱਖ ਪਾਪ ਦੂਰ ਕਰ ਲੈਂਦਾ ਹੈ ।

ਜਿਸ ਮਨੁੱਖ ਨੇ ਸਦਾ-ਥਿਰ ਪ੍ਰਭੂ-ਨਾਮ ਪ੍ਰਾਪਤ ਕਰ ਲਿਆ, ਜਿਸ ਨੂੰ ਗੁਰੂ ਨੇ (ਪ੍ਰਭੂ) ਵਿਖਾ ਦਿੱਤਾ, ਉਸ ਦੇ ਸਦਾ-ਥਿਰ ਨਾਮ ਜਪਦੇ ਮਨ ਨੂੰ ਕਦੇ ਵਿਕਾਰਾਂ ਦੀ ਮੈਲ ਨਹੀਂ ਲੱਗਦੀ ।੨।

ਸਾਧ ਸੰਗਤਿ ਵਿਚ ਮਿੱਤਰ-ਪ੍ਰਭੂ ਦਾ ਮਿਲਾਪ ਹੋ ਜਾਣਾ—ਇਹੀ ਉਹ ਤੀਰਥ-ਇਸ਼ਨਾਨ ਹੈ ਜਿਸ ਵਿਚ ਕੋਈ ਉਕਾਈ ਨਹੀਂ ਰਹਿ ਜਾਂਦੀ । ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਗਾਵਣ-ਜੋਗ ਪ੍ਰਭੂ (ਦੇ ਗੁਣ) ਗਾਂਦਾ ਹੈ ਉਸ ਦਾ ਜੀਵਨ ਸੋਹਣਾ ਬਣ ਜਾਂਦਾ ਹੈ । ਸਤਿਗੁਰੂ ਨੂੰ (ਜੀਵਨ-ਦਾਤਾ) ਮੰਨ ਕੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਕੇ ਮਨੁੱਖ ਦੀ ਮਤਿ ਦੂਜਿਆਂ ਦੀ ਸੇਵਾ ਕਰਨ ਵਾਲੀ ਸਭ ਤੇ ਦਇਆ ਕਰਨ ਵਾਲੀ ਬਣ ਜਾਂਦੀ ਹੈ । (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮਨੁੱਖ) ਪਤੀ-ਪ੍ਰਭੂ ਦੀ ਸੰਗਤਿ ਵਿਚ ਰਹਿ ਕੇ ਉਸ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ਆਤਮਕ ਅਡੋਲਤਾ ਵਿਚ (ਮਾਨੋ, ਆਤਮਕ) ਇਸ਼ਨਾਨ ਕਰਦਾ ਹੈ; ਇਹੀ ਉਸ ਦੇ ਵਾਸਤੇ ਸੁੱਚੇ ਤੋਂ ਸੁੱਚਾ ਤ੍ਰਿਬੇਣੀ ਸੰਗਮ (ਦਾ ਇਸ਼ਨਾਨ) ਹੈ ।

(ਹੇ ਭਾਈ!) ਉਸ ਸਦਾ-ਥਿਰ ਰਹਿਣ ਵਾਲੇ ਇੱਕ ਅਕਾਲ ਪੁਰਖ ਨੂੰ ਸਿਮਰ, ਜੋ ਸਦਾ (ਸਭ ਜੀਵਾਂ ਨੂੰ ਦਾਤਾਂ) ਦੇਂਦਾ ਹੈ ਤੇ (ਜਿਸ ਦੀਆਂ ਦਿੱਤੀਆਂ ਦਾਤਾਂ ਦਿਨੋ ਦਿਨ) ਵਧਦੀਆਂ ਹਨ । ਮਿੱਤਰ-ਪ੍ਰਭੂ ਦੀ ਸੰਗਤਿ ਵਿਚ, ਗੁਰੂ ਸੰਤ ਦੀ ਸੰਗਤਿ ਵਿਚ ਆਤਮਕ ਅਵਸਥਾ ਉੱਚੀ ਹੋ ਜਾਂਦੀ ਹੈ, ਪ੍ਰਭੂ ਮੇਹਰ ਦੀ ਨਜ਼ਰ ਕਰ ਕੇ ਆਪਣੀ ਸੰਗਤਿ ਵਿਚ ਮਿਲਾ ਲੈਂਦਾ ਹੈ ।੩।

ਹਰੇਕ ਜੀਵ (ਪਰਮਾਤਮਾ ਬਾਰੇ) ਕਥਨ ਕਰਦਾ ਹੈ (ਤੇ ਆਖਦਾ ਹੈ ਕਿ ਪਰਮਾਤਮਾ ਬਹੁਤ ਵੱਡਾ ਹੈ, ਪਰ) ਕੋਈ ਨਹੀਂ ਦੱਸ ਸਕਦਾ ਕਿ ਉਹ ਕੇਡਾ ਵੱਡਾ ਹੈ । (ਮੈਂ ਇਤਨੇ ਜੋਗਾ ਨਹੀਂ ਕਿ ਪਰਮਾਤਮਾ ਦਾ ਸਰੂਪ ਬਿਆਨ ਕਰ ਸਕਾਂ) ਮੈਂ (ਤਾਂ) ਮੂਰਖ ਹਾਂ, ਨੀਵੇਂ ਸੁਭਾਵ ਦਾ ਹਾਂ, ਅੰਞਾਣ ਹਾਂ, ਮੈਂ ਤਾਂ ਗੁਰੂ ਦੇ ਉਪਦੇਸ਼ ਨਾਲ ਹੀ (ਕੁਝ) ਸਮਝ ਸਕਦਾ ਹਾਂ (ਭਾਵ, ਮੈਂ ਤਾਂ ਉਤਨਾ ਕੁਝ ਹੀ ਮਸਾਂ ਸਮਝ ਸਕਦਾ ਹਾਂ ਜਿਤਨਾ ਗੁਰੂ ਆਪਣੇ ਸ਼ਬਦ ਦੀ ਰਾਹੀਂ ਸਮਝਾਏ) । ਮੇਰਾ ਮਨ ਤਾਂ ਉਸ ਗੁਰ-ਸ਼ਬਦ ਵਿਚ ਹੀ ਪਤੀਜ ਗਿਆ ਹੈ ਜੋ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ਤੇ ਜੋ ਆਤਮਕ ਜੀਵਨ ਦੇਣ ਵਾਲਾ ਹੈ ।

ਜੇਹੜੇ ਜੀਵ (ਮਾਇਆ-ਮੋਹ ਦੇ) ਜ਼ਹਰ ਨਾਲ ਲੱਦੇ ਹੋਏ ਜਗਤ ਵਿਚ ਆਉਂਦੇ ਹਨ (ਗੁਰੂ ਦੇ ਸ਼ਬਦ ਨੂੰ ਵਿਸਾਰ ਕੇ ਤੇ ਤੀਰਥ-ਇਸ਼ਨਾਨ ਆਦਿਕ ਦੀ ਟੇਕ ਰੱਖ ਕੇ, ਉਸੇ ਜ਼ਹਰ ਨਾਲ ਲੱਦੇ ਹੋਏ ਹੀ ਜਗਤ ਤੋਂ) ਕੂਚ ਕਰ ਜਾਂਦੇ

ਹਨ, ਪਰ ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਜੁੜਦੇ ਹਨ, ਉਹਨਾਂ ਨੂੰ ਮੇਰਾ ਗੁਰੂ ਉਸ ਜ਼ਹਰ ਦੇ ਭਾਰ ਤੋਂ ਬਚਾ ਲੈਂਦਾ ਹੈ ।

(ਪਰਮਾਤਮਾ ਦੇ ਗੁਣ ਬੇਅੰਤ ਹਨ, ਗੁਣ) ਬਿਆਨ ਕਰਨ ਨਾਲ ਮੁੱਕਦੇ ਨਹੀਂ, (ਪਰਮਾਤਮਾ ਦੀ ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ, ਜੀਵਾਂ ਨੂੰ ਭਗਤੀ ਦੀ ਦਾਤਿ ਵੰਡਿਆਂ) ਭਗਤੀ ਦੇ ਖ਼ਜ਼ਾਨਿਆਂ ਵਿਚ ਕੋਈ ਕਮੀ ਨਹੀਂ ਹੁੰਦੀ, (ਪਰ ਭਗਤੀ ਕਰਨ ਨਾਲ ਤੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਨਾਲ ਮਨੁੱਖ ਨੂੰ ਇਹ ਨਿਸ਼ਚਾ ਬਣ ਜਾਂਦਾ ਹੈ ਕਿ) ਪਰਮਾਤਮਾ ਹੀ ਹਰ ਥਾਂ ਵਿਆਪਕ ਹੈ । ਹੇ ਨਾਨਕ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦਾ ਹੈ, ਜੋ ਪ੍ਰਭੂ-ਦਰ ਤੇ ਅਰਦਾਸਾਂ ਕਰਦਾ ਹੈ (ਤੇ ਇਸ ਤਰ੍ਹਾਂ) ਆਪਣੇ ਮਨ ਨੂੰ ਵਿਕਾਰਾਂ ਦੀ ਮੈਲ ਤੋਂ ਸਾਫ਼ ਕਰ ਲੈਂਦਾ ਹੈ ਉਸ ਨੂੰ ਹਰ ਥਾਂ ਉਹ ਸਦਾ-ਥਿਰ ਪ੍ਰਭੂ ਹੀ ਦਿੱਸਦਾ ਹੈ (ਤੀਰਥ-ਇਸ਼ਨਾਨਾਂ ਨਾਲ ਇਹ ਆਤਮਕ ਅਵਸਥਾ ਪ੍ਰਾਪਤ ਨਹੀਂ ਹੁੰਦੀ) ।੪।੧।

ਧਨਾਸਰੀ ਮਹਲਾ ੧ ॥ ਜੀਵਾ ਤੇਰੈ ਨਾਇ ਮਨਿ ਆਨੰਦੁ ਹੈ ਜੀਉ ॥ ਸਾਚੋ ਸਾਚਾ ਨਾਉ ਗੁਣ ਗੋਵਿੰਦੁ ਹੈ ਜੀਉ ॥ ਗੁਰ ਗਿਆਨੁ ਅਪਾਰਾ ਸਿਰਜਣਹਾਰਾ ਜਿਨਿ ਸਿਰਜੀ ਤਿਨਿ ਗੋਈ ॥ ਪਰਵਾਣਾ ਆਇਆ ਹੁਕਮਿ ਪਠਾਇਆ ਫੇਰਿ ਨ ਸਕੈ ਕੋਈ ॥ ਆਪੇ ਕਰਿ ਵੇਖੈ ਸਿਰਿ ਸਿਰਿ ਲੇਖੈ ਆਪੇ ਸੁਰਤਿ ਬੁਝਾਈ ॥ ਨਾਨਕ ਸਾਹਿਬੁ ਅਗਮ ਅਗੋਚਰੁ ਜੀਵਾ ਸਚੀ ਨਾਈ ॥੧॥ ਤੁਮ ਸਰਿ ਅਵਰੁ ਨ ਕੋਇ ਆਇਆ ਜਾਇਸੀ ਜੀਉ ॥ ਹੁਕਮੀ ਹੋਇ ਨਿਬੇੜੁ ਭਰਮੁ ਚੁਕਾਇਸੀ ਜੀਉ ॥ ਗੁਰੁ ਭਰਮੁ ਚੁਕਾਏ ਅਕਥੁ ਕਹਾਏ ਸਚ ਮਹਿ ਸਾਚੁ ਸਮਾਣਾ ॥ ਆਪਿ ਉਪਾਏ ਆਪਿ ਸਮਾਏ ਹੁਕਮੀ ਹੁਕਮੁ ਪਛਾਣਾ ॥ ਸਚੀ ਵਡਿਆਈ ਗੁਰ ਤੇ ਪਾਈ ਤੂ ਮਨਿ ਅੰਤਿ ਸਖਾਈ ॥ ਨਾਨਕ ਸਾਹਿਬੁ ਅਵਰੁ ਨ ਦੂਜਾ ਨਾਮਿ ਤੇਰੈ ਵਡਿਆਈ ॥੨॥ ਤੂ ਸਚਾ ਸਿਰਜਣਹਾਰੁ ਅਲਖ ਸਿਰੰਦਿਆ ਜੀਉ ॥ ਏਕੁ ਸਾਹਿਬੁ ਦੁਇ ਰਾਹ ਵਾਦ ਵਧੰਦਿਆ ਜੀਉ ॥ ਦੁਇ ਰਾਹ ਚਲਾਏ ਹੁਕਮਿ ਸਬਾਏ ਜਨਮਿ ਮੁਆ ਸੰਸਾਰਾ ॥ ਨਾਮ ਬਿਨਾ ਨਾਹੀ ਕੋ ਬੇਲੀ ਬਿਖੁ ਲਾਦੀ ਸਿਰਿ ਭਾਰਾ ॥ ਹੁਕਮੀ ਆਇਆ ਹੁਕਮੁ ਨ ਬੂਝੈ ਹੁਕਮਿ ਸਵਾਰਣਹਾਰਾ ॥ ਨਾਨਕ ਸਾਹਿਬੁ ਸਬਦਿ ਸਿਞਾਪੈ ਸਾਚਾ ਸਿਰਜਣਹਾਰਾ ॥੩॥ ਭਗਤ ਸੋਹਹਿ ਦਰਵਾਰਿ ਸਬਦਿ ਸੁਹਾਇਆ ਜੀਉ ॥ ਬੋਲਹਿ ਅੰਮ੍ਰਿਤ ਬਾਣਿ ਰਸਨ ਰਸਾਇਆ ਜੀਉ ॥ ਰਸਨ ਰਸਾਏ ਨਾਮਿ ਤਿਸਾਏ ਗੁਰ ਕੈ ਸਬਦਿ ਵਿਕਾਣੇ ॥ ਪਾਰਸਿ ਪਰਸਿਐ ਪਾਰਸੁ ਹੋਏ ਜਾ ਤੇਰੈ ਮਨਿ ਭਾਣੇ ॥ ਅਮਰਾ ਪਦੁ ਪਾਇਆ ਆਪੁ ਗਵਾਇਆ ਵਿਰਲਾ ਗਿਆਨ ਵੀਚਾਰੀ ॥ ਨਾਨਕ ਭਗਤ ਸੋਹਨਿ ਦਰਿ ਸਾਚੈ ਸਾਚੇ ਕੇ ਵਾਪਾਰੀ ॥੪॥ ਭੂਖ ਪਿਆਸੋ ਆਥਿ ਕਿਉ ਦਰਿ ਜਾਇਸਾ ਜੀਉ ॥ ਸਤਿਗੁਰ ਪੂਛਉ ਜਾਇ ਨਾਮੁ ਧਿਆਇਸਾ ਜੀਉ ॥ ਸਚੁ ਨਾਮੁ ਧਿਆਈ ਸਾਚੁ ਚਵਾਈ ਗੁਰਮੁਖਿ ਸਾਚੁ ਪਛਾਣਾ ॥ ਦੀਨਾ ਨਾਥੁ ਦਇਆਲੁ ਨਿਰੰਜਨੁ ਅਨਦਿਨੁ ਨਾਮੁ ਵਖਾਣਾ ॥ ਕਰਣੀ ਕਾਰ ਧੁਰਹੁ ਫੁਰਮਾਈ ਆਪਿ ਮੁਆ ਮਨੁ ਮਾਰੀ ॥ ਨਾਨਕ ਨਾਮੁ ਮਹਾ ਰਸੁ ਮੀਠਾ ਤ੍ਰਿਸਨਾ ਨਾਮਿ ਨਿਵਾਰੀ ॥੫॥੨॥ {ਪੰਨਾ 688}

ਪਦਅਰਥ:- ਜੀਵਾ—ਜੀਵਾਂ, ਮੈਂ ਜੀਊ ਪੈਂਦਾ ਹਾਂ, ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ । ਤੇਰੈ ਨਾਇ—ਤੇਰੇ ਨਾਮ ਵਿਚ (ਜੁੜ ਕੇ) । ਮਨਿ—ਮਨ ਵਿਚ । ਜੀਉ—ਹੇ ਪ੍ਰਭੂ ਜੀ! ਸਾਚੋ ਸਾਚਾ—ਸਦਾ ਹੀ ਥਿਰ

ਰਹਿਣ ਵਾਲਾ । ਗੁਰ ਗਿਆਨੁ—ਗੁਰੂ ਦਾ ਦਿੱਤਾ ਹੋਇਆ ਗਿਆਨ (ਦੱਸਦਾ ਹੈ ਕਿ) । ਜਿਨਿ—ਜਿਸ (ਪ੍ਰਭੂ) ਨੇ । ਸਿਰਜੀ—ਪੈਦਾ ਕੀਤੀ ਹੈ । ਤਿਨਿ—ਉਸੇ (ਪ੍ਰਭੂ) ਨੇ । ਗੋਈ—ਨਾਸ ਕੀਤੀ ਹੈ । ਪਰਵਾਣਾ—ਸੱਦਾ । ਹੁਕਮਿ—ਹੁਕਮ ਅਨੁਸਾਰ । ਪਠਾਇਆ—ਭੇਜਿਆ ਹੋਇਆ । ਫੇਰਿ ਨ ਸਕੈ—ਮੋੜ ਨਹੀਂ ਸਕਦਾ । ਕਰਿ—ਪੈਦਾ ਕਰ ਕੇ । ਵੇਖੈ—ਸੰਭਾਲ ਕਰਦਾ ਹੈ । ਸਿਰਿ ਸਿਰਿ—ਹਰੇਕ ਜੀਵ ਦੇ ਸਿਰ ਉਤੇ । ਲੇਖੈ—ਲੇਖ ਲਿਖਦਾ ਹੈ । ਬੁਝਾਈ—ਸਮਝਾਂਦਾ ਹੈ । ਅਗਮ—ਅਪਹੁੰਚ । ਅਗੋਚਰੁ—{ਅ-ਗੋ-ਚਰੁ । ਗੋ-ਇੰਦ੍ਰੇ ।} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਸਚੀ ਨਾਈ—ਸਦਾ-ਥਿਰ ਰਹਿਣ ਵਾਲੀ ਵਡਿਆਈ (ਕਰ ਕੇ) । ਨਾਈ—ਵਡਿਆਈ ।੧।

ਸਰਿ—ਬਰਾਬਰ । ਜਾਇਸੀ—ਚਲਾ ਜਾਇਗਾ । ਨਿਬੇੜੁ—ਫ਼ੈਸਲਾ, ਖ਼ਾਤਮਾ (ਜਨਮ ਮਰਨ ਦੇ ਗੇੜ ਦਾ) । ਭਰਮੁ—ਭਟਕਣਾ । ਚੁਕਾਏ—ਦੂਰ ਕਰਦਾ ਹੈ । ਕਹਾਏ—ਸਿਫ਼ਤਿ-ਸਾਲਾਹ ਕਰਾਂਦਾ ਹੈ । ਅਕਥੁ—ਉਹ ਪ੍ਰਭੂ ਜਿਸ ਦੇ ਗੁਣ ਬਿਆਨ ਨਾਹ ਕੀਤੇ ਜਾ ਸਕਣ । ਸਚ ਮਹਿ—ਸਦਾ-ਥਿਰ ਪ੍ਰਭੂ ਵਿਚ । ਸਚੁ—ਸਦਾ-ਥਿਰ ਪ੍ਰਭੂ । ਹੁਕਮੀ ਹੁਕਮੁ—ਹੁਕਮ ਦੇ ਮਾਲਕ ਦਾ ਹੁਕਮ । ਸਾਚੀ—ਸਦਾ-ਥਿਰ ਰਹਿਣ ਵਾਲੀ । ਤੇ—ਤੋਂ । ਮਨਿ—ਮਨ ਵਿਚ । ਅੰਤਿ—ਅਖ਼ੀਰ ਵੇਲੇ । ਸਖਾਈ—ਸਾਥੀ । ਵਡਿਆਈ—ਆਦਰ ।੨।

ਅਲਖ—ਹੇ ਅਦ੍ਰਿਸ਼ਟ! ਸਿਰੰਦਿਆ—ਹੇ ਸਿਰੰਦੇ! ਹੇ ਪੈਦਾ ਕਰਨ ਵਾਲੇ! ਵਾਦ—ਝਗੜੇ । ਦੁਇ ਰਾਹ—ਦੋ ਰਸਤੇ (ਭਗਤੀ ਤੇ ਮਾਇਆ) । ਹੁਕਮਿ—ਹੁਕਮ ਵਿਚ । ਸਬਾਏ—ਸਾਰੇ ਜੀਵ । ਸਿਰਿ—ਸਿਰ ਉਤੇ । ਸਿਵਾਪੈ—ਪਛਾਨਿਆ ਜਾਂਦਾ ਹੈ ।੩।

ਸੋਹਹਿ—ਸੋਭਦੇ ਹਨ । ਦਰਵਾਰਿ—ਦਰਬਾਰ ਵਿਚ, ਪ੍ਰਭੂ ਦੀ ਹਜ਼ੂਰੀ ਵਿਚ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਸੁਹਾਇਆ—ਸੋਹਣੇ ਜੀਵਨ ਵਾਲੇ । ਅੰਮ੍ਰਿਤ ਬਾਣਿ—ਆਤਮਕ ਜੀਵਨ ਦੇਣ ਵਾਲੀ ਬਾਣੀ । ਰਸਨ—ਜੀਭ । ਰਸਾਇਆ—ਇਕ-ਸੁਰ । ਰਸਾਏ—ਇਕ-ਸੁਰ ਕਰ ਲੈਂਦੇ ਹਨ । ਨਾਮਿ—ਨਾਮ ਦੀ ਰਾਹੀਂ । ਤਿਸਾਏ—ਪਿਆਸੇ, ਤਿਹਾਏ । ਸਬਦਿ—ਸ਼ਬਦ ਦੀ ਰਾਹੀਂ । ਵਿਕਾਣੇ—ਪ੍ਰਭੂ-ਨਾਮ ਤੋਂ ਸਦਕੇ ਹੁੰਦੇ ਹਨ । ਪਾਰਸਿ ਪਰਸਿਐ—ਗੁਰੂ-ਪਾਰਸ ਨੂੰ ਛੋਹਣ ਨਾਲ । ਪਾਰਸੁ—ਇਕ ਪੱਥਰੀ ਜੋ ਸਭ ਧਾਤਾਂ ਨੂੰ ਸੋਨਾ ਕਰ ਸਕਣ ਵਾਲੀ ਮਿਥੀ ਗਈ ਹੈ । ਮਨਿ—ਮਨ ਵਿਚ । ਅਮਰਾ ਪਦੁ—ਉਹ ਆਤਮਕ ਅਵਸਥਾ ਜਿਥੇ ਆਤਮਕ ਮੌਤ ਨਹੀਂ ਪੋਂਹਦੀ । ਆਪੁ—ਆਪਾ-ਭਾਵ । ਵਾਪਾਰੀ—ਵਣਜਾਰੇ ।੪।

ਭੂਖ ਪਿਆਸੋ—ਭੁੱਖਾ-ਪਿਆਸਾ । ਆਥਿ—ਮਾਇਆ । ਕਿਉ ਜਾਇਸਾ—ਕਿਉ ਜਾਇਸਾਂ, ਮੈਂ ਕਿਵੇਂ ਜਾ ਸਕਦਾ ਹਾਂ? ਪੂਛਉ—ਮੈਂ ਪੁੱਛਾਂਗਾ । ਜਾਇ—ਜਾ ਕੇ । ਧਿਆਇਸਾ—ਧਿਆਇਸਾਂ, ਮੈਂ ਸਿਮਰਾਂਗਾ । ਧਿਆਈ—ਮੈਂ ਧਿਆਵਾਂਗਾ । ਚਵਾਈ—ਮੈਂ ਉਚਾਰਾਂਗਾ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਅਨਦਿਨੁ—ਹਰ ਰੋਜ਼ । ਵਖਾਣਾ—ਮੈਂ ਉਚਾਰਾਂਗਾ । ਕਰਣੀ ਕਾਰ—ਕਰਨ ਜੋਗ ਕੰਮ । ਧੁਰਹੁ—ਪਰਮਾਤਮਾ ਨੇ ਆਪਣੀ ਹਜ਼ੂਰੀ ਤੋਂ । ਆਪਿ—ਉਹ ਬੰਦਾ ਆਪ । ਮੁਆ—ਮਾਇਆ ਦੇ ਮੋਹ ਵਲੋਂ ਮਰ ਜਾਂਦਾ ਹੈ । ਮਨੁ ਮਾਰੀ—ਮਨੁ ਮਾਰਿ, ਆਪਣੇ ਮਨ ਨੂੰ ਮਾਰ ਕੇ । ਮਹਾ ਰਸੁ—ਸਭ ਤੋਂ ਸ੍ਰੇਸ਼ਟ ਸੁਆਦ ਵਾਲਾ । ਨਾਮਿ—ਨਾਮਿ ਦੀ ਰਾਹੀਂ ।੫।

ਅਰਥ:– ਹੇ ਪ੍ਰਭੂ ਜੀ! ਤੇਰੇ ਨਾਮ ਵਿਚ (ਜੁੜ ਕੇ) ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ, ਮੇਰੇ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ ।

ਹੇ ਭਾਈ! ਪਰਮਾਤਮਾ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਪ੍ਰਭੂ ਗੁਣਾਂ (ਦਾ ਖ਼ਜ਼ਾਨਾ) ਹੈ ਤੇ ਧਰਤੀ ਦੇ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ । ਗੁਰੂ ਦਾ ਬਖ਼ਸ਼ਿਆ ਗਿਆਨ ਦੱਸਦਾ ਹੈ ਕਿ ਸਿਰਜਣਹਾਰ ਪ੍ਰਭੂ ਬੇਅੰਤ

ਹੈ, ਜਿਸ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹੀ ਇਸ ਨੂੰ ਨਾਸ ਕਰਦਾ ਹੈ । ਜਦੋਂ ਉਸ ਦੇ ਹੁਕਮ ਵਿਚ ਭੇਜਿਆ ਹੋਇਆ (ਮੌਤ ਦਾ) ਸੱਦਾ ਆਉਂਦਾ ਹੈ ਤਾਂ ਕੋਈ ਜੀਵ (ਉਸ ਸੱਦੇ ਨੂੰ) ਮੋੜ ਨਹੀਂ ਸਕਦਾ । ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ ਆਪ ਹੀ ਸੰਭਾਲ ਕਰਦਾ ਹੈ, ਆਪ ਹੀ ਹਰੇਕ ਜੀਵ ਦੇ ਸਿਰ ਉਤੇ (ਉਸ ਦੇ ਕੀਤੇ ਕਰਮਾਂ ਅਨੁਸਾਰ) ਲੇਖ ਲਿਖਦਾ ਹੈ, ਆਪ ਹੀ (ਜੀਵ ਨੂੰ ਸਹੀ ਜੀਵਨ-ਰਾਹ ਦੀ) ਸੂਝ ਬਖ਼ਸ਼ਦਾ ਹੈ । ਮਾਲਕ-ਪ੍ਰਭੂ ਅਪਹੁੰਚ ਹੈ, ਜੀਵਾਂ ਦੇ ਗਿਆਨ-ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ ਹੋ ਸਕਦੀ ।

ਹੇ ਨਾਨਕ! (ਉਸ ਦੇ ਦਰ ਤੇ ਅਰਦਾਸ ਕਰ, ਤੇ ਆਖ—ਹੇ ਪ੍ਰਭੂ!) ਤੇਰੀ ਸਦਾ ਕਾਇਮ ਰਹਿਣ ਵਾਲੀ ਸਿਫ਼ਤਿ-ਸਾਲਾਹ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ (ਮੈਨੂੰ ਆਪਣੀ ਸਿਫ਼ਤਿ-ਸਾਲਾਹ ਬਖ਼ਸ਼) ।੧।

ਹੇ ਪ੍ਰਭੂ ਜੀ! ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਹੈ, (ਹੋਰ ਜੇਹੜਾ ਭੀ ਜਗਤ ਵਿਚ) ਆਇਆ ਹੈ, (ਉਹ ਇਥੋਂ ਆਖ਼ਰ) ਚਲਾ ਜਾਇਗਾ (ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ) ।

ਜਿਸ ਮਨੁੱਖ ਦੀ ਭਟਕਣਾ (ਗੁਰੂ) ਦੂਰ ਕਰਦਾ ਹੈ, ਪ੍ਰਭੂ ਦੇ ਹੁਕਮ ਅਨੁਸਾਰ ਉਸ ਦੇ ਜਨਮ ਮਰਨ ਦੇ ਗੇੜ ਦਾ ਖ਼ਾਤਮਾ ਹੋ ਜਾਂਦਾ ਹੈ । ਗੁਰੂ ਜਿਸ ਦੀ ਭਟਕਣਾ ਦੂਰ ਕਰਦਾ ਹੈ, ਉਸ ਪਾਸੋਂ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਾਂਦਾ ਹੈ ਜਿਸ ਦੇ ਗੁਣ ਬਿਆਨ ਤੋਂ ਪਰੇ ਹਨ ।

ਉਹ ਮਨੁੱਖ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਰਹਿੰਦਾ ਹੈ, ਸਦਾ-ਥਿਰ ਪ੍ਰਭੂ (ਉਸ ਦੇ ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ । ਉਹ ਮਨੁੱਖ ਰਜ਼ਾ ਦੇ ਮਾਲਕ-ਪ੍ਰਭੂ ਦਾ ਹੁਕਮ ਪਛਾਣ ਲੈਂਦਾ ਹੈ (ਤੇ ਸਮਝ ਲੈਂਦਾ ਹੈ ਕਿ) ਪ੍ਰਭੂ ਆਪ ਹੀ ਪੈਦਾ ਕਰਦਾ ਹੈ ਤੇ ਆਪ ਹੀ (ਆਪਣੇ ਵਿਚ) ਲੀਨ ਕਰ ਲੈਂਦਾ ਹੈ ।

ਹੇ ਪ੍ਰਭੂ! ਜਿਸ ਮਨੁੱਖ ਨੇ ਤੇਰੀ ਸਿਫ਼ਤਿ-ਸਾਲਾਹ (ਦੀ ਦਾਤਿ) ਗੁਰੂ ਤੋਂ ਪ੍ਰਾਪਤ ਕਰ ਲਈ ਹੈ, ਤੂੰ ਉਸ ਦੇ ਮਨ ਵਿਚ ਆ ਵੱਸਦਾ ਹੈਂ ਤੇ ਅੰਤ ਸਮੇ ਭੀ ਉਸ ਦਾ ਸਾਥੀ ਬਣਦਾ ਹੈਂ ।

ਹੇ ਨਾਨਕ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਵਰਗਾ ਹੋਰ ਕੋਈ ਨਹੀਂ । (ਉਸ ਦੇ ਦਰ ਤੇ ਅਰਦਾਸ ਕਰ ਤੇ ਆਖ—) ਹੇ ਪ੍ਰਭੂ! ਤੇਰੇ ਨਾਮ ਵਿਚ ਜੁੜਿਆਂ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ ।੨।

ਹੇ ਅਦ੍ਰਿਸ਼ਟ ਰਚਨਹਾਰ! ਤੂੰ ਸਦਾ-ਥਿਰ ਰਹਿਣ ਵਾਲਾ ਹੈਂ ਤੇ ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈਂ ।

ਇਕੋ ਸਿਰਜਣਹਾਰ ਹੀ (ਸਾਰੇ ਜਗਤ ਦਾ) ਮਾਲਕ ਹੈ, ਉਸ ਨੇ (ਜੰਮਣਾ ਤੇ ਮਰਨਾ) ਦੋ ਰਸਤੇ ਚਲਾਏ ਹਨ । (ਉਸੇ ਦੀ ਰਜ਼ਾ ਅਨੁਸਾਰ ਜਗਤ ਵਿਚ) ਝਗੜੇ ਵਧਦੇ ਹਨ । ਦੋਵੇਂ ਰਸਤੇ ਪ੍ਰਭੂ ਨੇ ਹੀ ਤੋਰੇ ਹਨ, ਸਾਰੇ ਜੀਵ ਉਸੇ ਦੇ ਹੁਕਮ ਵਿਚ ਹਨ, (ਉਸੇ ਦੇ ਹੁਕਮ ਅਨੁਸਾਰ) ਜਗਤ ਜੰਮਦਾ ਤੇ ਮਰਦਾ ਰਹਿੰਦਾ ਹੈ । (ਜੀਵ ਨਾਮ ਨੂੰ ਭੁਲਾ ਕੇ ਮਾਇਆ ਦੇ ਮੋਹ ਦਾ) ਜ਼ਹਰ-ਰੂਪ ਭਾਰ ਆਪਣੇ ਸਿਰ ਉਤੇ ਇਕੱਠਾ ਕਰੀ ਜਾਂਦਾ ਹੈ, (ਤੇ ਇਹ ਨਹੀਂ ਸਮਝਦਾ ਕਿ) ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਭੀ ਸਾਥੀ-ਮਿੱਤਰ ਨਹੀਂ ਬਣ ਸਕਦਾ । ਜੀਵ (ਪਰਮਾਤਮਾ ਦੇ) ਹੁਕਮ ਅਨੁਸਾਰ (ਜਗਤ ਵਿਚ) ਆਉਂਦਾ ਹੈ, (ਪਰ ਮਾਇਆ ਦੇ ਮੋਹ ਵਿਚ ਫਸ ਕੇ ਉਸ) ਹੁਕਮ ਨੂੰ ਸਮਝਦਾ ਨਹੀਂ । ਪ੍ਰਭੂ ਆਪ ਹੀ ਜੀਵ ਨੂੰ ਆਪਣੇ ਹੁਕਮ ਅਨੁਸਾਰ (ਸਿੱਧੇ ਰਾਹ ਪਾ ਕੇ) ਸਵਾਰਨ ਦੇ ਸਮਰਥ ਹੈ ।

ਹੇ ਨਾਨਕ! ਗੁਰੂ ਦੇ ਸ਼ਬਦ ਵਿਚ ਜੁੜਿਆਂ ਇਹ ਪਛਾਣ ਆਉਂਦੀ ਹੈ ਕਿ ਜਗਤ ਦਾ ਮਾਲਕ ਸਦਾ-ਥਿਰ ਰਹਿਣ

ਵਾਲਾ ਹੈ ਤੇ ਸਭ ਦਾ ਪੈਦਾ ਕਰਨ ਵਾਲਾ ਹੈ ।੩।

ਹੇ ਭਾਈ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਦੇ ਹਨ, ਕਿਉਂਕਿ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਆਪਣੇ ਜੀਵਨ ਨੂੰ ਸੋਹਣਾ ਬਣਾ ਲੈਂਦੇ ਹਨ । ਉਹ ਬੰਦੇ ਆਤਮਕ ਜੀਵਨ ਦੇਣ ਵਾਲੀ ਬਾਣੀ ਆਪਣੀ ਜੀਭ ਨਾਲ ਉਚਾਰਦੇ ਰਹਿੰਦੇ ਹਨ, ਜੀਵ ਨੂੰ ਉਸ ਬਾਣੀ ਨਾਲ ਇਕ-ਰਸ ਕਰ ਲੈਂਦੇ ਹਨ । ਭਗਤ-ਜਨ ਪ੍ਰਭੂ ਦੇ ਨਾਮ ਨਾਲ ਜੀਭ ਨੂੰ ਰਸਾ ਲੈਂਦੇ ਹਨ, ਨਾਮ ਵਿਚ ਜੁੜ ਕੇ (ਨਾਮ ਵਾਸਤੇ ਉਹਨਾਂ ਦੀ) ਪਿਆਸ ਵਧਦੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਪ੍ਰਭੂ-ਨਾਮ ਤੋਂ ਸਦਕੇ ਹੁੰਦੇ ਹਨ (ਨਾਮ ਦੀ ਖ਼ਾਤਰ ਹੋਰ ਸਭ ਸਰੀਰਕ ਸੁਖ ਕੁਰਬਾਨ ਕਰਦੇ ਹਨ) ।

ਹੇ ਪ੍ਰਭੂ! ਜਦੋਂ (ਭਗਤ ਜਨ) ਤੇਰੇ ਮਨ ਵਿਚ ਪਿਆਰੇ ਲੱਗਦੇ ਹਨ, ਤਾਂ ਉਹ ਗੁਰੂ-ਪਾਰਸ ਨਾਲ ਛੁਹ ਕੇ ਆਪ ਭੀ ਪਾਰਸ ਹੋ ਜਾਂਦੇ ਹਨ (ਹੋਰਨਾਂ ਨੂੰ ਪਵਿਤ੍ਰ ਜੀਵਨ ਦੇਣ ਜੋਗੇ ਹੋ ਜਾਂਦੇ ਹਨ) ।

ਜੇਹੜੇ ਬੰਦੇ ਆਪਾ-ਭਾਵ ਦੂਰ ਕਰਦੇ ਹਨ ਉਹਨਾਂ ਨੂੰ ਉਹ ਆਤਮਕ ਦਰਜਾ ਮਿਲ ਜਾਂਦਾ ਹੈ ਜਿਥੇ ਆਤਮਕ ਮੌਤ ਅਸਰ ਨਹੀਂ ਕਰ ਸਕਦੀ । ਪਰ ਅਜੇਹਾ ਕੋਈ ਵਿਰਲਾ ਹੀ ਗੁਰੂ ਦੇ ਦਿੱਤੇ ਗਿਆਨ ਦੀ ਵਿਚਾਰ ਕਰਨ ਵਾਲਾ ਬੰਦਾ ਹੁੰਦਾ ਹੈ ।

ਹੇ ਨਾਨਕ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਸਦਾ-ਥਿਰ ਪ੍ਰਭੂ ਦੇ ਦਰ ਤੇ ਸੋਭਾ ਪਾਂਦੇ ਹਨ, ਉਹ (ਆਪਣੇ ਸਾਰੇ ਜੀਵਨ ਵਿਚ) ਸਦਾ-ਥਿਰ ਪ੍ਰਭੂ ਦੇ ਨਾਮ ਦਾ ਹੀ ਵਣਜ ਕਰਦੇ ਹਨ ।੪।

ਜਦੋਂ ਤਕ ਮੈਂ ਮਾਇਆ ਵਾਸਤੇ ਭੁੱਖਾ ਪਿਆਸਾ ਰਹਿੰਦਾ ਹਾਂ, ਤਦ ਤਕ ਮੈਂ ਕਿਸੇ ਭੀ ਤਰ੍ਹਾਂ ਪ੍ਰਭੂ ਦੇ ਦਰ ਤੇ ਪਹੁੰਚ ਨਹੀਂ ਸਕਦਾ । (ਮਾਇਆ ਦੀ ਤ੍ਰਿਸ਼ਨਾ ਦੂਰ ਕਰਨ ਦਾ ਇਲਾਜ) ਮੈਂ ਜਾ ਕੇ ਆਪਣੇ ਗੁਰੂ ਤੋਂ ਪੁੱਛਦਾ ਹਾਂ (ਤੇ ਉਸ ਦੀ ਸਿੱਖਿਆ ਅਨੁਸਾਰ) ਮੈਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ (ਨਾਮ ਹੀ ਤ੍ਰਿਸਨਾ ਦੂਰ ਕਰਦਾ ਹੈ) ।

ਗੁਰੂ ਦੀ ਸਰਨ ਪੈ ਕੇ ਮੈਂ ਸਦਾ-ਥਿਰ ਨਾਮ ਸਿਮਰਦਾ ਹਾਂ ਸਦਾ-ਥਿਰ ਪ੍ਰਭੂ (ਦੀ ਸਿਫ਼ਤਿ-ਸਾਲਾਹ) ਉਚਾਰਦਾ ਹਾਂ, ਤੇ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾਂਦਾ ਹਾਂ । ਮੈਂ ਹਰ ਰੋਜ਼ ਉਸ ਪ੍ਰਭੂ ਦਾ ਨਾਮ ਮੂੰਹੋਂ ਬੋਲਦਾ ਹਾਂ ਜੋ ਦੀਨਾਂ ਦਾ ਸਹਾਰਾ ਹੈ ਜੋ ਦਇਆ ਦਾ ਸੋਮਾ ਹੈ ਤੇ ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ ।

ਪਰਮਾਤਮਾ ਨੇ ਜਿਸ ਮਨੁੱਖ ਨੂੰ ਆਪਣੀ ਹਜ਼ੂਰੀ ਤੋਂ ਹੀ ਨਾਮ ਸਿਮਰਨ ਦੀ ਕਰਨ-ਜੋਗ ਕਾਰ ਕਰਨ ਦਾ ਹੁਕਮ ਦੇ ਦਿੱਤਾ, ਉਹ ਮਨੁੱਖ ਆਪਣੇ ਮਨ ਨੂੰ (ਮਾਇਆ ਵਲੋਂ) ਮਾਰ ਕੇ ਤ੍ਰਿਸ਼ਨਾ ਦੇ ਪ੍ਰਭਾਵ ਤੋਂ ਬਚ ਜਾਂਦਾ ਹੈ । ਹੇ ਨਾਨਕ! ਉਸ ਮਨੁੱਖ ਨੂੰ ਪ੍ਰਭੂ ਦਾ ਨਾਮ ਹੀ ਮਿੱਠਾ ਤੇ ਹੋਰ ਸਭ ਰਸਾਂ ਨਾਲੋਂ ਸ੍ਰੇਸ਼ਟ ਲੱਗਦਾ ਹੈ, ਉਸ ਨੇ ਨਾਮ ਸਿਮਰਨ ਦੀ ਬਰਕਤਿ ਨਾਲ ਮਾਇਆ ਦੀ ਤ੍ਰਿਸ਼ਨਾ (ਆਪਣੇ ਅੰਦਰੋਂ) ਦੂਰ ਕਰ ਲਈ ਹੁੰਦੀ ਹੈ ।੫।੨।

ਧਨਾਸਰੀ ਛੰਤ ਮਹਲਾ ੧ ॥ ਪਿਰ ਸੰਗਿ ਮੂਠੜੀਏ ਖਬਰਿ ਨ ਪਾਈਆ ਜੀਉ ॥ ਮਸਤਕਿ ਲਿਖਿਅੜਾ ਲੇਖੁ ਪੁਰਬਿ ਕਮਾਇਆ ਜੀਉ ॥ ਲੇਖੁ ਨ ਮਿਟਈ ਪੁਰਬਿ ਕਮਾਇਆ ਕਿਆ ਜਾਣਾ ਕਿਆ ਹੋਸੀ ॥ ਗੁਣੀ ਅਚਾਰਿ ਨਹੀ ਰੰਗਿ ਰਾਤੀ ਅਵਗੁਣ ਬਹਿ ਬਹਿ ਰੋਸੀ ॥ ਧਨੁ ਜੋਬਨੁ ਆਕ ਕੀ ਛਾਇਆ ਬਿਰਧਿ ਭਏ ਦਿਨ ਪੁੰਨਿਆ ॥ ਨਾਨਕ ਨਾਮ ਬਿਨਾ ਦੋਹਾਗਣਿ ਛੂਟੀ ਝੂਠਿ ਵਿਛੁੰਨਿਆ ॥੧॥ ਬੂਡੀ ਘਰੁ ਘਾਲਿਓ ਗੁਰ ਕੈ ਭਾਇ ਚਲੋ ॥ ਸਾਚਾ ਨਾਮੁ ਧਿਆਇ ਪਾਵਹਿ ਸੁਖਿ ਮਹਲੋ ॥ ਹਰਿ ਨਾਮੁ ਧਿਆਏ ਤਾ ਸੁਖੁ ਪਾਏ ਪੇਈਅੜੈ ਦਿਨ ਚਾਰੇ ॥ ਨਿਜ ਘਰਿ ਜਾਇ ਬਹੈ ਸਚੁ ਪਾਏ

ਅਨਦਿਨੁ ਨਾਲਿ ਪਿਆਰੇ ॥ ਵਿਣੁ ਭਗਤੀ ਘਰਿ ਵਾਸੁ ਨ ਹੋਵੀ ਸੁਣਿਅਹੁ ਲੋਕ ਸਬਾਏ ॥ ਨਾਨਕ ਸਰਸੀ ਤਾ ਪਿਰੁ ਪਾਏ ਰਾਤੀ ਸਾਚੈ ਨਾਏ ॥੨॥ ਪਿਰੁ ਧਨ ਭਾਵੈ ਤਾ ਪਿਰ ਭਾਵੈ ਨਾਰੀ ਜੀਉ ॥ ਰੰਗਿ ਪ੍ਰੀਤਮ ਰਾਤੀ ਗੁਰ ਕੈ ਸਬਦਿ ਵੀਚਾਰੀ ਜੀਉ ॥ ਗੁਰ ਸਬਦਿ ਵੀਚਾਰੀ ਨਾਹ ਪਿਆਰੀ ਨਿਵਿ ਨਿਵਿ ਭਗਤਿ ਕਰੇਈ ॥ ਮਾਇਆ ਮੋਹੁ ਜਲਾਏ ਪ੍ਰੀਤਮੁ ਰਸ ਮਹਿ ਰੰਗੁ ਕਰੇਈ ॥ ਪ੍ਰਭ ਸਾਚੇ ਸੇਤੀ ਰੰਗਿ ਰੰਗੇਤੀ ਲਾਲ ਭਈ ਮਨੁ ਮਾਰੀ ॥ ਨਾਨਕ ਸਾਚਿ ਵਸੀ ਸੋਹਾਗਣਿ ਪਿਰ ਸਿਉ ਪ੍ਰੀਤਿ ਪਿਆਰੀ ॥੩॥ ਪਿਰ ਘਰਿ ਸੋਹੈ ਨਾਰਿ ਜੇ ਪਿਰ ਭਾਵਏ ਜੀਉ ॥ ਝੂਠੇ ਵੈਣ ਚਵੇ ਕਾਮਿ ਨ ਆਵਏ ਜੀਉ ॥ ਝੂਠੁ ਅਲਾਵੈ ਕਾਮਿ ਨ ਆਵੈ ਨਾ ਪਿਰੁ ਦੇਖੈ ਨੈਣੀ ॥ ਅਵਗੁਣਿਆਰੀ ਕੰਤਿ ਵਿਸਾਰੀ ਛੂਟੀ ਵਿਧਣ ਰੈਣੀ ॥ ਗੁਰ ਸਬਦੁ ਨ ਮਾਨੈ ਫਾਹੀ ਫਾਥੀ ਸਾ ਧਨ ਮਹਲੁ ਨ ਪਾਏ ॥ ਨਾਨਕ ਆਪੇ ਆਪੁ ਪਛਾਣੈ ਗੁਰਮੁਖਿ ਸਹਜਿ ਸਮਾਏ ॥੪॥ ਧਨ ਸੋਹਾਗਣਿ ਨਾਰਿ ਜਿਨਿ ਪਿਰੁ ਜਾਣਿਆ ਜੀਉ ॥ ਨਾਮ ਬਿਨਾ ਕੂੜਿਆਰਿ ਕੂੜੁ ਕਮਾਣਿਆ ਜੀਉ ॥ ਹਰਿ ਭਗਤਿ ਸੁਹਾਵੀ ਸਾਚੇ ਭਾਵੀ ਭਾਇ ਭਗਤਿ ਪ੍ਰਭ ਰਾਤੀ ॥ ਪਿਰੁ ਰਲੀਆਲਾ ਜੋਬਨਿ ਬਾਲਾ ਤਿਸੁ ਰਾਵੇ ਰੰਗਿ ਰਾਤੀ ॥ ਗੁਰ ਸਬਦਿ ਵਿਗਾਸੀ ਸਹੁ ਰਾਵਾਸੀ ਫਲੁ ਪਾਇਆ ਗੁਣਕਾਰੀ ॥ ਨਾਨਕ ਸਾਚੁ ਮਿਲੈ ਵਡਿਆਈ ਪਿਰ ਘਰਿ ਸੋਹੈ ਨਾਰੀ ॥੫॥੩॥ {ਪੰਨਾ 689}

ਪਦਅਰਥ:- ਪਿਰੁ—ਪਤੀ-ਪ੍ਰਭੂ । ਸੰਗਿ—(ਤੇਰੇ) ਨਾਲ । ਮੁਠੜੀਏ—ਹੇ ਠੱਗੀ ਹੋਈ ਜੀਵ-ਇਸਤ੍ਰੀ! ਮਸਤਕਿ—ਮੱਥੇ ਉਤੇ । ਪੁਰਬਿ—ਪੂਰਬਲੇ ਸਮੇ ਵਿਚ, ਪਹਿਲੇ ਜਨਮਾਂ ਵਿਚ । ਕਿਆ ਜਾਣਾ—ਮੈਂ ਕੀਹ ਜਾਣਾਂ? ਮੈਨੂੰ ਪਤਾ ਨਹੀਂ । ਗੁਣੀ—ਗੁਣਾਂ ਵਾਲੀ । ਅਚਾਰਿ—ਉੱਚੇ ਆਚਰਨ ਵਾਲੀ । ਰੰਗਿ—ਪ੍ਰਭੂ ਦੇ ਪ੍ਰੇਮ-ਰੰਗ ਵਿਚ । ਬਹਿ ਬਹਿ—ਬੈਠ ਕੇ ਬੈਠ ਕੇ, ਮੁੜ ਮੁੜ । ਰੋਸੀ—ਰੋਵੇਗੀ । ਜੋਬਨੁ—ਜਵਾਨੀ । ਪੁੰਨਿਆ—ਪੁੱਗ ਗਏ, ਮੁੱਕ ਗਏ । ਦੋਹਾਗਣਿ—{dBwignI} ਭੈੜੀ ਕਿਸਮਤ ਵਾਲੀ । ਛੂਟੀ—ਇਕੱਲੀ ਰਹਿ ਗਈ, ਛੁੱਟੜ ਹੋ ਗਈ । ਝੂਠਿ—ਝੂਠ ਵਿਚ ਫਸਣ ਦੇ ਕਾਰਨ, ਕੂੜੇ ਮੋਹ ਵਿਚ ਫਸ ਕੇ ।੧।

ਬੂਡੀ—ਹੇ ਡੁੱਬੀ ਹੋਈਏ! ਘਾਲਿਓ—ਬਰਬਾਦ ਕਰ ਲਿਆ ਹੈ । ਭਾਇ—ਪ੍ਰੇਮ ਵਿਚ । ਚਲੋ—ਚਲੁ, ਚੱਲ । ਸੁਖਿ—ਆਤਮਕ ਆਨੰਦ ਵਿਚ ਟਿਕ ਕੇ । ਮਹਲੋ—ਮਹਲੁ, ਪਰਮਾਤਮਾ ਦਾ ਟਿਕਾਣਾ । ਪੇਈਅੜੈ—ਪੇਕੇ ਘਰ ਵਿਚ, ਜਗਤ ਵਿਚ । ਚਾਰੇ—ਚਾਰਿ ਹੀ, ਚਾਰ ਹੀ । ਜਾਇ—ਜਾ ਕੇ । ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਅਨਦਿਨੁ—ਹਰ ਰੋਜ਼ । ਲੋਕ ਸਬਾਏ—ਹੇ ਸਾਰੇ ਲੋਕੋ! ਸਰਸੀ—ਸ-ਰਸੀ, ਆਤਮਕ ਰਸ ਮਾਣਨ ਵਾਲੀ । ਤਾ—ਤਦੋਂ । ਨਾਏ—ਨਾਇ, ਨਾਮ ਵਿਚ । ਸਾਚੈ ਨਾਏ—ਸਦਾ-ਥਿਰ ਨਾਮ ਵਿਚ ।੨।

ਪਿਰੁ ਧਨ ਭਾਵੈ—ਪਤੀ ਇਸਤ੍ਰੀ ਨੂੰ ਪਿਆਰਾ ਲੱਗੇ । ਧਨ ਪਿਰ ਭਾਵੈ—ਇਸਤ੍ਰੀ ਪਤੀ ਨੂੰ ਪਿਆਰੀ ਲੱਗਦੀ ਹੈ {ਨੋਟ:- "ਪਿਰੁ ਭਾਵੈ" ਅਤੇ "ਪਿਰ ਭਾਵੈ" ਦਾ ਫ਼ਰਕ ਖਾਸ ਧਿਆਨ-ਜੋਗ ਹੈ} । ਰੰਗਿ—ਰੰਗ ਵਿਚ । ਨਾਹ ਪਿਆਰੀ—ਖਸਮ ਦੀ ਪਿਆਰੀ । ਕਰੇਈ—ਕਰਦੀ ਹੈ । ਰਸ—ਚਾਉ । ਰੰਗੁ—ਪ੍ਰੇਮ, ਪਿਆਰ । ਸੇਤੀ—ਨਾਲ । ਲਾਲ—ਸੋਹਣੀ । ਮਾਰਿ—ਮਾਰ ਕੇ । ਸਾਚਿ—ਸਦਾ-ਥਿਰ ਪ੍ਰਭੂ ਵਿਚ ।੩।

ਪਿਰ ਘਰਿ—ਪਿਰ ਦੇ ਘਰ ਵਿਚ, ਪ੍ਰਭੂ-ਪਤੀ ਦੇ ਦਰ ਤੇ । ਸੋਹੈ—ਸੋਭਦੀ ਹੈ, ਸੋਭਾ ਪਾਂਦੀ ਹੈ । ਪਿਰ ਭਾਵਏ—ਪਿਰ ਨੂੰ ਭਾਵੈ, ਪ੍ਰਭੂ-ਪਤੀ ਨੂੰ ਚੰਗੀ ਲੱਗੇ । ਵੈਣ—ਬਚਨ, ਬੋਲ । ਚਵੈ—ਬੋਲੇ । ਕਾਮਿ ਨ ਆਵਏ—ਕੰਮ ਨਹੀਂ ਆਉਂਦਾ । ਅਲਾਵੈ—ਬੋਲਦੀ ਹੈ । ਨੈਣੀ—ਅੱਖਾਂ ਨਾਲ । ਅਵਗੁਣਿਆਰੀ—ਔਗੁਣਾਂ

ਨਾਲ ਭਰੀ ਹੋਈ । ਕੰਤਿ—ਕੰਤ ਨੇ । ਵਿਸਾਰੀ—ਤਿਆਗੀ ਹੋਈ । ਛੂਟੀ—ਛੁੱਟੜ ਹੋ ਜਾਂਦੀ ਹੈ । ਵਿਧਣ—{ਧਣੀ ਤੋਂ ਬਿਨਾ, ਨਿਖਸਮੀ} ਦੁੱਖੀ । ਰੈਣੀ—ਜ਼ਿੰਦਗੀ ਦੀ ਰਾਤ । ਸਾ ਧਨ—ਜੀਵ-ਇਸਤ੍ਰੀ । ਮਹਲੁ—ਪ੍ਰਭੂ ਦਾ ਦਰ-ਘਰ । ਆਪੇ ਆਪੁ—ਆਪਣੇ ਆਪੇ ਨੂੰ, ਆਪਣੇ ਅਸਲੇ ਨੂੰ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸਹਜਿ—ਆਤਮਕ ਅਡੋਲਤਾ ਵਿਚ ।੪।

ਧਨੁ—{DNX} ਮੁਬਾਰਕ, ਕਿਸਮਤ ਵਾਲੀ । ਸੋਹਾਗਣਿ—{s0Bwignl} ਚੰਗੇ ਭਾਗਾਂ ਵਾਲੀ । ਨਾਰਿ—ਇਸਤ੍ਰੀ । ਜਿਨਿ—ਜਿਸ (ਨਾਰਿ) ਨੇ । ਕੂੜਿਆਰਿ—ਕੂੜ ਦੀ ਵਣਜਾਰਨ । ਸੁਹਾਵੀ—ਸੋਹਣੀ । ਭਾਵੀ—ਪਿਆਰੀ ਲੱਗੀ । ਭਾਇ—ਪ੍ਰੇਮ ਵਿਚ । ਭਾਇ ਭਗਤਿ ਪ੍ਰਭ—ਪ੍ਰਭੂ ਦੇ ਪ੍ਰੇਮ ਵਿਚ, ਪ੍ਰਭੂ ਦੀ ਭਗਤੀ ਵਿਚ । ਰਲੀਆਲਾ—ਰਲੀਆਂ ਦਾ ਘਰ, ਆਨੰਦ ਦਾ ਸੋਮਾ । ਜੋਬਨਿ ਬਾਲਾ—ਜਵਾਨੀ ਵਿਚ ਜਵਾਨ, ਚੜ੍ਹਦੀ ਜਵਾਨੀ ਵਾਲਾ । ਤਿਸੁ—ਉਸ (ਪਿਰ) ਨੂੰ । ਰੰਗਿ—ਰੰਗ ਵਿਚ, ਪ੍ਰੇਮ ਵਿਚ । ਵਿਗਾਸੀ—ਖਿੜੇ ਹਿਰਦੇ ਵਾਲੀ । ਸਹੁ—ਖਸਮ (ਨੂੰ) । ਰਾਵਾਸੀ—ਮਾਣਦੀ ਹੈ, ਮਿਲਾਪ ਪ੍ਰਾਪਤ ਕਰਦੀ ਹੈ । ਗੁਣਕਾਰੀ—ਗੁਣ ਪੈਦਾ ਕਰਨ ਵਾਲਾ । ਸਾਚੁ—ਸਦਾ-ਥਿਰ ਪ੍ਰਭੂ ।੫।

ਅਰਥ:- ਹੇ (ਮਾਇਆ ਦੇ ਮੋਹ ਵਿਚ) ਠੱਗੀ ਗਈ ਜੀਵ-ਇਸਤ੍ਰੀਏ! (ਤੇਰਾ) ਪਤੀ-ਪ੍ਰਭੂ ਤੇਰੇ ਨਾਲ ਹੈ, ਪਰ ਤੈਨੂੰ ਇਸ ਗੱਲ ਦੀ ਸਮਝ ਨਹੀਂ ਆਈ । (ਤੇਰੇ ਭੀ ਕੀਹ ਵੱਸ?) ਜੋ ਕੁਝ ਤੂੰ ਪਹਿਲੇ ਜਨਮਾਂ ਵਿਚ ਕਰਮ ਕਮਾਏ, ਉਹਨਾਂ ਦੇ ਅਨੁਸਾਰ ਤੇਰੇ ਮੱਥੇ ਉਤੇ (ਪ੍ਰਭੂ ਦੀ ਰਜ਼ਾ ਵਿਚ) ਲੇਖ ਹੀ ਅਜੇਹਾ ਲਿਖਿਆ ਗਿਆ (ਕਿ ਤੂੰ ਸੰਗ-ਵੱਸਦੇ ਪ੍ਰਭੂ-ਪਤੀ ਨੂੰ ਪਛਾਣ ਨਹੀਂ ਸਕਦੀ) ।

ਪਹਿਲੇ ਜਨਮਾਂ ਵਿਚ ਕੀਤੇ ਕਰਮਾਂ ਅਨੁਸਾਰ (ਮੱਥੇ ਤੇ ਲਿਖਿਆ) ਲੇਖ (ਕਿਸੇ ਪਾਸੋਂ) ਮਿਟ ਨਹੀਂ ਸਕਦਾ । ਕਿਸੇ ਨੂੰ ਇਹ ਸਮਝ ਨਹੀਂ ਆ ਸਕਦੀ ਕਿ (ਉਸ ਲਿਖੇ ਲੇਖ ਅਨੁਸਾਰ ਸਾਡੇ ਆਉਣ ਵਾਲੇ ਜੀਵਨ ਵਿਚ) ਕੀਹ ਵਾਪਰੇਗੀ । (ਪੂਰਬਲੀ ਕਮਾਈ ਅਨੁਸਾਰ) ਜੇਹੜੀ ਜੀਵ-ਇਸਤ੍ਰੀ ਗੁਣਾਂ ਵਾਲੀ ਨਹੀਂ, ਉੱਚੇ ਆਚਰਣ ਵਾਲੀ ਨਹੀਂ, ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਨਹੀਂ, ਉਹ (ਕੀਤੇ) ਔਗੁਣਾਂ ਦੇ ਕਾਰਨ ਮੁੜ ਮੁੜ ਦੁਖੀ (ਹੀ) ਹੋਵੇਗੀ ।

(ਜੀਵ ਧਨ ਜੋਬਨ ਆਦਿਕ ਦੇ ਮਾਣ ਵਿਚ ਪ੍ਰਭੂ ਨੂੰ ਭੁਲਾ ਬੈਠਦਾ ਹੈ, ਪਰ ਇਹ) ਧਨ ਤੇ ਜਵਾਨੀ ਅੱਕ (ਦੇ ਬੂਟੇ) ਦੀ ਛਾਂ (ਵਰਗੇ ਹੀ) ਹਨ, ਜਦੋਂ ਬੁੱਢਾ ਹੋ ਜਾਂਦਾ ਹੈ, ਤੇ ਉਮਰ ਦੇ ਦਿਨ ਆਖ਼ਰ ਮੁੱਕ ਜਾਂਦੇ ਹਨ (ਤਾਂ ਇਹ ਧਨ ਜਵਾਨੀ ਸਾਥ ਤੋੜ ਜਾਂਦੇ ਹਨ) ।

ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਅਭਾਗਣ ਜੀਵ-ਇਸਤ੍ਰੀ ਛੁੱਟੜ ਹੋ ਜਾਂਦੀ ਹੈ, ਕੂੜੇ ਮੋਹ ਵਿਚ ਫਸ ਕੇ ਪ੍ਰਭੂ-ਪਤੀ ਤੋਂ ਵਿਛੁੜ ਜਾਂਦੀ ਹੈ ।੧।

ਹੇ (ਮਾਇਆ ਦੇ ਮੋਹ ਵਿਚ) ਡੁੱਬੀ ਹੋਈਏ! ਤੂੰ ਆਪਣਾ ਘਰ ਬਰਬਾਦ ਕਰ ਲਿਆ ਹੈ, (ਹੁਣ ਤਾਂ ਜੀਵਨ-ਸਫ਼ਰ ਵਿਚ) ਗੁਰੂ ਦੇ ਪ੍ਰੇਮ ਵਿਚ ਰਹਿ ਕੇ ਤੁਰ । ਸਦਾ-ਥਿਰ ਪ੍ਰਭੂ ਦਾ ਨਾਮ ਸਿਮਰ ਕੇ ਤੂੰ ਆਤਮਕ ਆਨੰਦ ਵਿਚ ਟਿਕ ਕੇ ਪਰਮਾਤਮਾ ਦਾ ਦਰ ਲੱਭ ਲਏਂਗੀ ।

ਜੀਵ-ਇਸਤ੍ਰੀ ਤਦੋਂ ਹੀ ਆਤਮਕ ਆਨੰਦ ਮਾਣ ਸਕਦੀ ਹੈ ਜਦੋਂ ਪਰਮਾਤਮਾ ਦਾ ਨਾਮ ਸਿਮਰਦੀ ਹੈ (ਇਸ ਜਗਤ ਦਾ ਕੀਹ ਮਾਣ?) ਜਗਤ ਵਿਚ ਤਾਂ ਚਾਰ ਦਿਨਾਂ ਦਾ ਹੀ ਵਾਸਾ ਹੈ । (ਸਿਮਰਨ ਦੀ ਬਰਕਤਿ ਨਾਲ ਜੀਵ-ਇਸਤ੍ਰੀ) ਆਪਣੇ ਅਸਲੀ ਘਰ ਵਿਚ ਪਹੁੰਚ ਕੇ ਟਿਕੀ ਰਹਿੰਦੀ ਹੈ, ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਮਿਲ ਪੈਂਦੀ ਹੈ, ਤੇ ਹਰ ਰੋਜ਼ (ਭਾਵ, ਸਦਾ ਹੀ) ਉਸ ਪਿਆਰੇ ਨਾਲ ਮਿਲੀ ਰਹਿੰਦੀ ਹੈ ।

ਹੇ ਸਾਰੇ ਲੋਕੋ! ਸੁਣ ਲਵੋ, ਭਗਤੀ ਤੋਂ ਬਿਨਾ (ਮਨ ਭਟਕਦਾ ਹੀ ਰਹਿੰਦਾ ਹੈ) ਅੰਤਰ ਆਤਮੇ ਟਿਕਾਉ ਨਹੀਂ ਲੈ

ਸਕਦਾ । ਹੇ ਨਾਨਕ! ਜਦੋਂ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ ਦੇ ਨਾਮ-ਰੰਗ ਵਿਚ ਰੰਗੀ ਜਾਂਦੀ ਹੈ ਤਦੋਂ ਉਹ ਆਤਮਕ ਰਸ ਮਾਣਨ ਵਾਲੀ ਪ੍ਰਭੂ-ਪਤੀ ਦਾ ਮਿਲਾਪ ਹਾਸਲ ਕਰ ਲੈਂਦੀ ਹੈ ।੨।

ਜਦੋਂ ਜੀਵ-ਇਸਤ੍ਰੀ ਨੂੰ ਪਭੂ-ਪਤੀ ਪਿਆਰਾ ਲੱਗਣ ਲੱਗ ਪੈਂਦਾ ਹੈ ਤਦੋਂ ਉਹ ਜੀਵ ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ । ਪ੍ਰਭੂ-ਪ੍ਰੀਤਮ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਵਿਚਾਰਵਾਨ ਹੋ ਜਾਂਦੀ ਹੈ । ਗੁਰੂ ਦੇ ਸ਼ਬਦ ਦਾ ਵਿਚਾਰ ਕਰਨ ਵਾਲੀ ਉਹ ਜੀਵ-ਇਸਤ੍ਰੀ ਖਸਮ-ਪ੍ਰਭੂ ਦੀ ਪਿਆਰੀ ਹੋ ਜਾਂਦੀ ਹੈ ਤੇ ਨਿਊਂ ਨਿਊਂ ਕੇ (ਭਾਵ, ਪੂਰਨ ਨਿਮ੍ਰਤਾ-ਸਰਧਾ ਨਾਲ) ਪ੍ਰਭੂ ਦੀ ਭਗਤੀ ਕਰਦੀ ਹੈ । ਪ੍ਰਭੂ-ਪ੍ਰੀਤਮ (ਉਸ ਦੇ ਅੰਦਰੋਂ) ਮਾਇਆ ਦਾ ਮੋਹ ਸਾੜ ਦੇਂਦਾ ਹੈ, ਤੇ ਉਹ ਉਸ ਦੇ ਨਾਮ-ਰਸ ਵਿਚ (ਭਿੱਜ ਕੇ) ਉਸ ਦੇ ਮਿਲਾਪ ਦਾ ਆਨੰਦ ਲੈਂਦੀ ਹੈ ।

ਸਦਾ-ਥਿਰ ਪ੍ਰਭੂ ਦੇ ਨਾਲ (ਜੁੜ ਕੇ) ਉਸ ਦੇ ਨਾਮ-ਰੰਗ ਵਿਚ ਰੰਗੀਜ ਕੇ ਜੀਵ-ਇਸਤ੍ਰੀ ਆਪਣੇ ਮਨ ਨੂੰ ਮਾਰ ਕੇ ਸੋਹਣੇ ਜੀਵਨ ਵਾਲੀ ਬਣ ਜਾਂਦੀ ਹੈ । ਹੇ ਨਾਨਕ! ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਟਿਕੀ ਹੋਈ ਸੁਭਾਗ ਜੀਵ-ਇਸਤ੍ਰੀ ਪ੍ਰਭੂ-ਪਤੀ ਨਾਲ ਪ੍ਰੀਤਿ ਕਰਦੀ ਹੈ, ਪਤੀ ਦੀ ਪਿਆਰੀ ਹੋ ਜਾਂਦੀ ਹੈ ।੩।

ਜੀਵ-ਇਸਤ੍ਰੀ ਪ੍ਰਭੂ-ਪਤੀ ਦੇ ਦਰ ਤੇ ਤਦੋਂ ਹੀ ਸੋਭਾ ਪਾਂਦੀ ਹੈ ਜਦੋਂ ਉਹ ਪ੍ਰਭੂ-ਪਤੀ ਨੂੰ ਪਸੰਦ ਆ ਜਾਂਦੀ ਹੈ । (ਪਰ ਜੇਹੜੀ ਜੀਵ-ਇਸਤ੍ਰੀ ਅੰਦਰੋਂ ਪਿਆਰ ਤੋਂ ਸੱਖਣੀ ਹੋਵੇ ਤੇ ਬਾਹਰੋਂ ਪ੍ਰੇਮ ਦੱਸਣ ਲਈ) ਝੂਠੇ ਬੋਲ ਬੋਲੇ, (ਉਸ ਦਾ ਕੋਈ ਵੀ ਬੋਲ ਪ੍ਰਭੂ-ਪਤੀ ਦਾ ਪਿਆਰ ਜਿੱਤਣ ਲਈ) ਕੰਮ ਨਹੀਂ ਆ ਸਕਦਾ । (ਜੇਹੜੀ ਜੀਵ-ਇਸਤ੍ਰੀ) ਝੂਠਾ ਬੋਲ ਹੀ ਬੋਲਦੀ ਹੈ (ਉਹ ਬੋਲ) ਉਸ ਦੇ ਕੰਮ ਨਹੀਂ ਆਉਂਦਾ, ਪ੍ਰਭੂ-ਪਤੀ ਉਸ ਵਲ ਤੱਕਦਾ ਭੀ ਨਹੀਂ । ਉਸ ਔਗੁਣ-ਭਰੀ ਨੂੰ ਖਸਮ-ਪ੍ਰਭੂ ਨੇ ਤਿਆਗ ਦਿੱਤਾ ਹੁੰਦਾ ਹੈ, ਉਹ ਛੁੱਟੜ ਹੋ ਜਾਂਦੀ ਹੈ, ਉਸ ਦੀ ਜ਼ਿੰਦਗੀ ਦੀ ਰਾਤ ਦੁੱਖਾਂ ਵਿਚ ਲੰਘਦੀ ਹੈ ।

ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਨੂੰ ਹਿਰਦੇ ਵਿਚ ਨਹੀਂ ਵਸਾਂਦੀ, ਉਹੀ ਮਾਇਆ-ਮੋਹ ਦੀ ਫਾਹੀ ਵਿਚ ਫਸੀ ਰਹਿੰਦੀ ਹੈ, ਉਹ ਪ੍ਰਭੂ-ਪਤੀ ਦਾ ਦਰ-ਘਰ ਨਹੀਂ ਲੱਭ ਸਕਦੀ । ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜੇਹੜੀ ਜੀਵ-ਇਸਤ੍ਰੀ ਆਪਣੇ ਅਸਲੇ ਨੂੰ ਪਛਾਣਦੀ ਹੈ, ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦੀ ਹੈ ।੪।

ਉਹ ਜੀਵ-ਇਸਤ੍ਰੀ ਮੁਬਾਰਕ ਹੈ ਚੰਗੇ ਭਾਗਾਂ ਵਾਲੀ ਹੈ ਜਿਸ ਨੇ ਖਸਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ ਹੈ । ਪਰ ਜਿਸ ਨੇ ਉਸ ਦੀ ਯਾਦ ਭੁਲਾ ਦਿੱਤੀ ਹੈ, ਉਹ ਕੂੜ ਦੀ ਵਣਜਾਰਨ ਹੈ ਉਹ ਕੂੜ ਹੀ ਕਮਾਂਦੀ ਹੈ (ਭਾਵ, ਉਹ ਨਾਸਵੰਤ ਪਦਾਰਥਾਂ ਦੀ ਦੌੜ-ਭੱਜ ਹੀ ਕਰਦੀ ਰਹਿੰਦੀ ਹੈ) । ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੀ ਭਗਤੀ ਨਾਲ ਆਪਣਾ ਜੀਵਨ ਸੋਹਣਾ ਬਣਾ ਲੈਂਦੀ ਹੈ, ਉਹ ਸਦਾ-ਥਿਰ ਪ੍ਰਭੂ ਨੂੰ ਪਿਆਰੀ ਲੱਗਦੀ ਹੈ, ਉਹ ਪ੍ਰਭੂ ਦੇ ਪ੍ਰੇਮ ਵਿਚ ਪ੍ਰਭੂ ਦੀ ਭਗਤੀ ਵਿਚ ਮਸਤ ਰਹਿੰਦੀ ਹੈ । ਆਨੰਦ ਦਾ ਸੋਮਾ ਤੇ ਸਦਾ ਹੀ ਜਵਾਨ ਰਹਿਣ ਵਾਲਾ ਪ੍ਰਭੂ-ਪਤੀ ਉਸ ਪ੍ਰੇਮ-ਰੰਗ ਵਿਚ ਰੰਗੀ ਹੋਈ ਜੀਵ-ਇਸਤ੍ਰੀ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ।

ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਖਿੜੇ ਹਿਰਦੇ ਵਾਲੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੇ ਮਿਲਾਪ ਦਾ ਆਨੰਦ ਮਾਣਦੀ ਹੈ, ਗੁਰੂ ਦੇ ਸ਼ਬਦ ਵਿਚ ਜੁੜਨ ਦਾ (ਇਹ) ਫਲ ਉਸ ਨੂੰ ਮਿਲਦਾ ਹੈ ਕਿ ਉਸ ਦੇ ਅੰਦਰ ਆਤਮਕ ਗੁਣ ਪੈਦਾ ਹੋ ਜਾਂਦੇ ਹਨ ।

ਹੇ ਨਾਨਕ! ਉਸ ਨੂੰ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ, ਉਸ ਨੂੰ (ਪ੍ਰਭੂ-ਦਰ ਤੇ) ਆਦਰ ਮਿਲਦਾ ਹੈ, ਉਹ ਪ੍ਰਭੂ-ਪਤੀ ਦੇ ਦਰ ਤੇ ਸੋਭਾ ਪਾਂਦੀ ਹੈ ।੫।੩।

ਧਨਾਸਰੀ ਛੰਤ ਮਹਲਾ ੪ ਘਰੁ ੧ ੧ੴ ਸਤਿਗੁਰ ਪ੍ਰਸਾਦਿ ॥ ਹਰਿ ਜੀਉ ਕ੍ਰਿਪਾ ਕਰੇ ਤਾ ਨਾਮੁ ਧਿਆਈਐ ਜੀਉ ॥ ਸਤਿਗੁਰੁ ਮਿਲੈ ਸੁਭਾਇ ਸਹਜਿ ਗੁਣ ਗਾਈਐ ਜੀਉ ॥ ਗੁਣ ਗਾਇ ਵਿਗਸੈ ਸਦਾ ਅਨਦਿਨੁ ਜਾ ਆਪਿ ਸਾਚੇ ਭਾਵਏ ॥ ਅਹੰਕਾਰੁ ਹਉਮੈ ਤਜੈ ਮਾਇਆ ਸਹਜਿ ਨਾਮਿ ਸਮਾਵਏ ॥ ਆਪਿ ਕਰਤਾ ਕਰੇ ਸੋਈ ਆਪਿ ਦੇਇ ਤ ਪਾਈਐ ॥ ਹਰਿ ਜੀਉ ਕ੍ਰਿਪਾ ਕਰੇ ਤਾ ਨਾਮੁ ਧਿਆਈਐ ਜੀਉ ॥੧॥ {ਪੰਨਾ 690}

ਪਦਅਰਥ:- ਧਿਆਈਐ—ਸਿਮਰਿਆ ਜਾ ਸਕਦਾ ਹੈ । ਸੁਭਾਇ—ਪ੍ਰੇਮ ਵਿਚ । ਸਹਜਿ—ਆਤਮਕ ਅਡੋਲਤਾ ਵਿਚ । ਗਾਈਐ—ਗਾ ਸਕੀਦਾ ਹੈ । ਵਿਗਸੈ—ਖਿੜਿਆ ਰਹਿੰਦਾ ਹੈ । ਗਾਇ—ਗਾ ਕੇ । ਅਨਦਿਨੁ—ਹਰ ਰੋਜ਼, ਹਰ ਵੇਲੇ {Anidn} । ਸਾਚੇ ਭਾਵਏ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਚੰਗਾ ਲੱਗੇ । ਭਾਵਏ—ਭਾਵੈ, ਚੰਗਾ ਲੱਗੇ । ਨਾਮਿ—ਨਾਮ ਵਿਚ । ਸਮਾਵਏ—ਸਮਾਵੈ, ਸਮਾ ਜਾਂਦਾ ਹੈ । ਦੇਇ—ਦੇਂਦਾ ਹੈ । ਤ—ਤਾਂ, ਤਦੋਂ ।੧।

ਅਰਥ:- ਹੇ ਭਾਈ! ਜੇ ਪਰਮਾਤਮਾ ਆਪ ਕਿਰਪਾ ਕਰੇ, ਤਾਂ ਉਸ ਦਾ ਨਾਮ ਸਿਮਰਿਆ ਜਾ ਸਕਦਾ ਹੈ । ਜੇ ਗੁਰੂ ਮਿਲ ਪਏ, ਤਾਂ (ਪ੍ਰਭੂ ਦੇ) ਪ੍ਰੇਮ ਵਿਚ (ਲੀਨ ਹੋ ਕੇ) ਆਤਮਕ ਅਡੋਲਤਾ ਵਿਚ (ਟਿਕ ਕੇ) ਪਰਮਾਤਮਾ ਦੇ ਗੁਣਾਂ ਨੂੰ ਗਾ ਸਕੀਦਾ ਹੈ । (ਪਰਮਾਤਮਾ ਦੇ) ਗੁਣ ਗਾ ਕੇ (ਮਨੁੱਖ) ਸਦਾ ਹਰ ਵੇਲੇ ਖਿੜਿਆ ਰਹਿੰਦਾ ਹੈ, (ਪਰ ਇਹ ਤਦੋਂ ਹੀ ਹੋ ਸਕਦਾ ਹੈ) ਜਦੋਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਆਪ (ਇਹ ਮੇਹਰ ਕਰਨੀ) ਪਸੰਦ ਆਵੇ । (ਗੁਣ ਗਾਣ ਦੀ ਬਰਕਤਿ ਨਾਲ ਮਨੁੱਖ) ਅਹੰਕਾਰ, ਹਉਮੈ, ਮਾਇਆ (ਦਾ ਮੋਹ) ਤਿਆਗ ਦੇਂਦਾ ਹੈ, ਅਤੇ, ਆਤਮਕ ਅਡੋਲਤਾ ਵਿਚ ਹਰਿ-ਨਾਮ ਵਿਚ ਲੀਨ ਹੋ ਜਾਂਦਾ ਹੈ । (ਨਾਮ ਸਿਮਰਨ ਦੀ ਦਾਤਿ) ਉਹ ਪਰਮਾਤਮਾ ਆਪ ਹੀ ਕਰਦਾ ਹੈ, ਜਦੋਂ ਉਹ (ਇਹ ਦਾਤਿ) ਦੇਂਦਾ ਹੈ ਤਦੋਂ ਮਿਲਦੀ ਹੈ । ਹੇ ਭਾਈ! ਪਰਮਾਤਮਾ ਕਿਰਪਾ ਕਰੇ, ਤਾਂ ਉਸ ਦਾ ਨਾਮ ਸਿਮਰਿਆ ਜਾ ਸਕਦਾ ਹੈ ।੧।

ਅੰਦਰਿ ਸਾਚਾ ਨੇਹੁ ਪੂਰੇ ਸਤਿਗੁਰੈ ਜੀਉ ॥ ਹਉ ਤਿਸੁ ਸੇਵੀ ਦਿਨੁ ਰਾਤਿ ਮੈ ਕਦੇ ਨ ਵੀਸਰੈ ਜੀਉ ॥ ਕਦੇ ਨ ਵਿਸਾਰੀ ਅਨਦਿਨੁ ਸਮ੍ਾਰੀ ਜਾ ਨਾਮੁ ਲਈ ਤਾ ਜੀਵਾ ॥ ਸ੍ਰਵਣੀ ਸੁਣੀ ਤ ਇਹੁ ਮਨੁ ਤ੍ਰਿਪਤੈ ਗੁਰਮੁਖਿ ਅੰਮ੍ਰਿਤੁ ਪੀਵਾ ॥ ਨਦਰਿ ਕਰੇ ਤਾ ਸਤਿਗੁਰੁ ਮੇਲੇ ਅਨਦਿਨੁ ਬਿਬੇਕ ਬੁਧਿ ਬਿਚਰੈ ॥ ਅੰਦਰਿ ਸਾਚਾ ਨੇਹੁ ਪੂਰੇ ਸਤਿਗੁਰੈ ॥੨॥ {ਪੰਨਾ 690}

ਪਦਅਰਥ:- ਸਾਚਾ—ਸਦਾ-ਥਿਰ ਰਹਿਣ ਵਾਲਾ । ਨੇਹੁ—ਪ੍ਰੇਮ । ਪੂਰੇ ਸਤਿਗੁਰੈ—ਪੂਰੇ ਗੁਰੂ ਦੀ ਰਾਹੀਂ । ਹਉ—ਮੈਂ । ਤਿਸੁ—ਉਸ (ਪ੍ਰਭੂ) ਨੂੰ । ਸੇਵੀ—ਸੇਵੀਂ, ਮੈਂ ਸੇਂਵਦਾ ਹਾਂ । ਵੀਸਰੈ—ਭੁੱਲਦਾ । ਮੈ—ਮੈਨੂੰ । ਵਿਸਾਰੀ—ਵਿਸਾਰੀਂ, ਮੈਂ ਭੁਲਾਂਦਾ । ਸਮ੍ਾਰੀ—ਸਮ੍ਾਰੀਂ, ਮੈਂ ਸੰਭਾਲਦਾ । ਲਈ—ਲਈਂ । ਜੀਵਾ—ਜੀਵਾਂ । ਸ੍ਰਵਣੀ—ਕੰਨਾਂ ਨਾਲ । ਸੁਣੀ—ਸੁਣੀਂ । ਤ੍ਰਿਪਤੈ—ਰੱਜ ਜਾਂਦਾ ਹੈ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਪੀਵਾ—ਪੀਵਾਂ । ਬਿਬੇਕ—(ਚੰਗੇ ਮੰਦੇ ਦੀ) ਪਰਖ । ਬਿਚਰੈ—ਵਿਚਰਦੀ ਹੈ, ਵਰਤਦੀ ਹੈ ।੨।

ਅਰਥ:- ਹੇ ਭਾਈ! ਪੂਰੇ ਗੁਰੂ ਦੀ ਰਾਹੀਂ (ਮੇਰੇ) ਮਨ ਵਿਚ (ਪਰਮਾਤਮਾ ਨਾਲ) ਸਦਾ-ਥਿਰ ਰਹਿਣ ਵਾਲਾ ਪਿਆਰ ਬਣ ਗਿਆ ਹੈ । (ਗੁਰੂ ਦੀ ਕਿਰਪਾ ਨਾਲ) ਮੈਂ ਉਸ (ਪ੍ਰਭੂ) ਨੂੰ ਦਿਨ ਰਾਤ ਸਿਮਰਦਾ ਰਹਿੰਦਾ ਹਾਂ, ਮੈਨੂੰ ਉਹ ਕਦੇ ਭੀ ਨਹੀਂ ਭੁੱਲਦਾ । ਮੈਂ ਉਸ ਨੂੰ ਕਦੇ ਭੁਲਾਂਦਾ ਨਹੀਂ, ਮੈਂ ਹਰ ਵੇਲੇ (ਉਸ ਪ੍ਰਭੂ ਨੂੰ) ਹਿਰਦੇ

ਵਿਚ ਵਸਾਈ ਰੱਖਦਾ ਹਾਂ । ਜਦੋਂ ਮੈਂ ਉਸ ਦਾ ਨਾਮ ਜਪਦਾ ਹਾਂ, ਤਦੋਂ ਮੈਨੂੰ ਆਤਮਕ ਜੀਵਨ ਪ੍ਰਾਪਤ ਹੁੰਦਾ ਹੈ । ਜਦੋਂ ਮੈਂ ਆਪਣੇ ਕੰਨਾਂ ਨਾਲ (ਹਰਿ-ਨਾਮ) ਸੁਣਦਾ ਹਾਂ ਤਦੋਂ (ਮੇਰਾ) ਇਹ ਮਨ (ਮਾਇਆ ਵਲੋਂ) ਰੱਜ ਜਾਂਦਾ ਹੈ । ਹੇ ਭਾਈ! ਮੈਂ ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਰਹਿੰਦਾ ਹਾਂ (ਜਦੋਂ ਪ੍ਰਭੂ ਮਨੁੱਖ ਉਤੇ ਮੇਹਰ ਦੀ) ਨਿਗਾਹ ਕਰਦਾ ਹੈ, ਤਦੋਂ (ਉਸ ਨੂੰ) ਗੁਰੂ ਮਿਲਾਂਦਾ ਹੈ (ਤਦੋਂ ਹਰ ਵੇਲੇ ਉਸ ਮਨੁੱਖ ਦੇ ਅੰਦਰ) ਚੰਗੇ ਮੰਦੇ ਦੀ ਪਰਖ ਕਰ ਸਕਣ ਵਾਲੀ ਅਕਲ ਕੰਮ ਕਰਦੀ ਹੈ । ਹੇ ਭਾਈ! ਪੂਰੇ ਗੁਰੂ ਦੀ ਕਿਰਪਾ ਨਾਲ ਮੇਰੇ ਅੰਦਰ (ਪ੍ਰਭੂ ਨਾਲ) ਸਦਾ ਕਾਇਮ ਰਹਿਣ ਵਾਲਾ ਪਿਆਰ ਬਣ ਗਿਆ ਹੈ ।੨।

ਸਤਸੰਗਤਿ ਮਿਲੈ ਵਡਭਾਗਿ ਤਾ ਹਰਿ ਰਸੁ ਆਵਏ ਜੀਉ ॥ ਅਨਦਿਨੁ ਰਹੈ ਲਿਵ ਲਾਇ ਤ ਸਹਜਿ ਸਮਾਵਏ ਜੀਉ ॥ ਸਹਜਿ ਸਮਾਵੈ ਤਾ ਹਰਿ ਮਨਿ ਭਾਵੈ ਸਦਾ ਅਤੀਤੁ ਬੈਰਾਗੀ ॥ ਹਲਤਿ ਪਲਤਿ ਸੋਭਾ ਜਗ ਅੰਤਰਿ ਰਾਮ ਨਾਮਿ ਲਿਵ ਲਾਗੀ ॥ ਹਰਖ ਸੋਗ ਦੁਹਾ ਤੇ ਮੁਕਤਾ ਜੋ ਪ੍ਰਭੁ ਕਰੇ ਸੁ ਭਾਵਏ ॥ ਸਤਸੰਗਤਿ ਮਿਲੈ ਵਡਭਾਗਿ ਤਾ ਹਰਿ ਰਸੁ ਆਵਏ ਜੀਉ ॥੩॥ {ਪੰਨਾ 690}

ਪਦਅਰਥ:- ਭਾਗਿ—ਭਾਗ ਨਾਲ, ਕਿਸਮਤ ਨਾਲ । ਰਸੁ—ਸੁਆਦ । ਆਵਏ—ਆਉਂਦਾ ਹੈ, ਆਵੈ । ਅਨਦਿਨੁ—ਹਰ ਰੋਜ਼, ਹਰ ਵੇਲੇ । ਲਿਵ—ਲਗਨ । ਸਮਾਵਏ—ਸਮਾਵੈ । ਮਨਿ—ਮਨ ਵਿਚ । ਭਾਵੈ—ਪਿਆਰਾ ਲੱਗਦਾ ਹੈ । ਅਤੀਤੁ—ਵਿਰਕਤ, ਮਾਇਆ ਦੇ ਮੋਹ ਤੋਂ ਪਾਰ ਲੰਘਿਆ ਹੋਇਆ । ਬੈਰਾਗੀ—ਨਿਰਮੋਹ । ਹਲਤਿ—ਇਸ ਲੋਕ ਵਿਚ {A>} । ਪਲਤਿ—{pr>} ਪਰਲੋਕ ਵਿਚ । ਅੰਤਰਿ—ਵਿਚ । ਨਾਮਿ—ਨਾਮ ਵਿਚ । ਹਰਖ—ਖ਼ੁਸ਼ੀ । ਸੋਗ—ਗ਼ਮ । ਤੇ—ਤੋਂ । ਮੁਕਤਾ—ਸੁਤੰਤਰ । ਭਾਵਏ—ਭਾਵੈ ।੩।

ਅਰਥ:- (ਜਿਸ ਮਨੁੱਖ ਨੂੰ) ਵੱਡੀ ਕਿਸਮਤ ਨਾਲ ਸਾਧ ਸੰਗਤਿ ਪ੍ਰਾਪਤ ਹੋ ਜਾਂਦੀ ਹੈ, ਤਾਂ ਉਸ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਆਉਣ ਲੱਗ ਪੈਂਦਾ ਹੈ, ਉਹ ਹਰ ਵੇਲੇ (ਪ੍ਰਭੂ ਦੀ ਯਾਦ ਵਿਚ) ਸੁਰਤਿ ਜੋੜੀ ਰੱਖਦਾ ਹੈ, ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ । ਜਦੋਂ ਮਨੁੱਖ ਆਤਮਕ ਅਡੋਲਤਾ ਵਿਚ ਲੀਨ ਹੋ ਜਾਂਦਾ ਹੈ, ਤਦੋਂ ਪਰਮਾਤਮਾ ਦੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ, ਤਦੋਂ ਮਾਇਆ ਦੇ ਮੋਹ ਤੋਂ ਪਰੇ ਲੰਘ ਜਾਂਦਾ ਹੈ, ਨਿਰਲੇਪ ਹੋ ਜਾਂਦਾ ਹੈ । ਇਸ ਲੋਕ ਵਿਚ, ਪਰਲੋਕ ਵਿਚ, ਸਾਰੇ ਸੰਸਾਰ ਵਿਚ ਉਸ ਦੀ ਸੋਭਾ ਹੋਣ ਲੱਗ ਪੈਂਦੀ ਹੈ, ਪਰਮਾਤਮਾ ਦੇ ਨਾਮ ਵਿਚ ਉਸ ਦੀ ਲਗਨ ਲੱਗੀ ਰਹਿੰਦੀ ਹੈ । ਉਹ ਮਨੁੱਖ ਖ਼ੁਸ਼ੀ ਗ਼ਮੀ ਦੋਹਾਂ ਤੋਂ ਸੁਤੰਤਰ ਹੋ ਜਾਂਦਾ ਹੈ, ਜੋ ਕੁਝ ਪਰਮਾਤਮਾ ਕਰਦਾ ਹੈ ਉਹ ਉਸ ਨੂੰ ਚੰਗਾ ਲੱਗਣ ਲੱਗ ਪੈਂਦਾ ਹੈ । ਹੇ ਭਾਈ! ਜਦੋਂ ਵੱਡੀ ਕਿਸਮਤ ਨਾਲ ਕਿਸੇ ਮਨੁੱਖ ਨੂੰ ਸਾਧ ਸੰਗਤਿ ਪ੍ਰਾਪਤ ਹੁੰਦੀ ਹੈ ਤਦੋਂ ਉਸ ਨੂੰ ਪਰਮਾਤਮਾ ਦੇ ਨਾਮ ਦਾ ਰਸ ਆਉਣ ਲੱਗ ਪੈਂਦਾ ਹੈ ।੩।

ਦੂਜੈ ਭਾਇ ਦੁਖੁ ਹੋਇ ਮਨਮੁਖ ਜਮਿ ਜੋਹਿਆ ਜੀਉ ॥ ਹਾਇ ਹਾਇ ਕਰੇ ਦਿਨੁ ਰਾਤਿ ਮਾਇਆ ਦੁਖਿ ਮੋਹਿਆ ਜੀਉ ॥ ਮਾਇਆ ਦੁਖਿ ਮੋਹਿਆ ਹਉਮੈ ਰੋਹਿਆ ਮੇਰੀ ਮੇਰੀ ਕਰਤ ਵਿਹਾਵਏ ॥ ਜੋ ਪ੍ਰਭੁ ਦੇਇ ਤਿਸੁ ਚੇਤੈ ਨਾਹੀ ਅੰਤਿ ਗਇਆ ਪਛੁਤਾਵਏ ॥ ਬਿਨੁ ਨਾਵੈ ਕੋ ਸਾਥਿ ਨ ਚਾਲੈ ਪੁਤ੍ਰ ਕਲਤ੍ਰ ਮਾਇਆ ਧੋਹਿਆ ॥ ਦੂਜੈ ਭਾਇ ਦੁਖੁ ਹੋਇ ਮਨਮੁਖਿ ਜਮਿ ਜੋਹਿਆ ਜੀਉ ॥੪॥ {ਪੰਨਾ 690}

ਪਦਅਰਥ:- ਦੂਜੈ ਭਾਇ—(ਪ੍ਰਭੂ ਤੋਂ ਬਿਨਾ) ਹੋਰ ਪਿਆਰ ਵਿਚ । ਮਨਮੁਖ—ਆਪਣੇ ਮਨ ਦੇ ਪਿਛੇ ਤੁਰਨ ਵਾਲਾ । ਜਮਿ—ਜਮ ਨੇ, ਮੌਤ ਨੇ, ਆਤਮਕ ਮੌਤ ਨੇ । ਜੋਹਿਆ—ਤੱਕ ਵਿਚ ਰੱਖਿਆ । ਦੁਖਿ—ਦੁੱਖ ਵਿਚ

। ਮੋਹਿਆ—ਫਸਿਆ ਹੋਇਆ । ਰੋਹਿਆ—ਰੋਹ ਵਿਚ ਰਹਿੰਦਾ ਹੈ, ਕ੍ਰੋਧਵਾਨ । ਕਰਤ—ਕਰਦਿਆਂ । ਵਿਹਾਵਏ—ਵਿਹਾਵੈ, ਬੀਤ ਜਾਂਦੀ ਹੈ । ਦੇਇ—ਦੇਂਦਾ ਹੈ । ਤਿਸੁ—ਉਸ (ਪ੍ਰਭੂ) ਨੂੰ । ਕਲਤ੍ਰ—ਇਸਤ੍ਰੀ । ਧ੍ਰੋਹਿਆ—ਛਲ, ਧ੍ਰੋਹ, ਠੱਗੀ ।੪।

ਅਰਥ:- ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਆਤਮਕ ਮੌਤ ਨੇ ਸਦਾ ਆਪਣੀ ਤੱਕ ਵਿਚ ਰੱਖਿਆ ਹੋਇਆ ਹੈ, ਮਾਇਆ ਦੇ ਮੋਹ ਦੇ ਕਾਰਨ ਉਸ ਨੂੰ ਸਦਾ ਦੁੱਖ ਵਿਆਪਦਾ ਹੈ । ਉਹ ਦਿਨ ਰਾਤ 'ਹਾਇ ਹਾਇ' ਕਰਦਾ ਰਹਿੰਦਾ ਹੈ, ਮਾਇਆ ਦੇ ਦੁੱਖ ਵਿਚ ਫਸਿਆ ਰਹਿੰਦਾ ਹੈ । ਉਹ ਸਦਾ ਮਾਇਆ ਦੇ ਦੁੱਖ ਵਿਚ ਗ੍ਰਸਿਆ ਹੋਇਆ ਹਉਮੈ ਦੇ ਕਾਰਨ ਕ੍ਰੋਧਾਤੁਰ ਭੀ ਰਹਿੰਦਾ ਹੈ । ਉਸ ਦੀ ਸਾਰੀ ਉਮਰ 'ਮੇਰੀ ਮਾਇਆ, ਮੇਰੀ ਮਾਇਆ' ਕਰਦਿਆਂ ਲੰਘ ਜਾਂਦੀ ਹੈ । ਜੇਹੜਾ ਪਰਮਾਤਮਾ (ਉਸ ਨੂੰ ਸਭ ਕੁਝ) ਦੇ ਰਿਹਾ ਹੈ ਉਸ ਪਰਮਾਤਮਾ ਨੂੰ ਉਹ ਕਦੇ ਚੇਤੇ ਨਹੀਂ ਕਰਦਾ, ਆਖ਼ਰ ਜਦੋਂ ਇਥੋਂ ਤੁਰਦਾ ਹੈ ਤਾਂ ਪਛੁਤਾਂਦਾ ਹੈ । ਪੁੱਤਰ ਇਸਤ੍ਰੀ (ਆਦਿਕ) ਹਰਿ-ਨਾਮ ਤੋਂ ਬਿਨਾ ਕੋਈ ਭੀ (ਮਨੁੱਖ ਦੇ) ਨਾਲ ਨਹੀਂ ਜਾਂਦਾ, ਦੁਨੀਆ ਦੀ ਮਾਇਆ ਉਸ ਨੂੰ ਛਲ ਲੈਂਦੀ ਹੈ । ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਆਤਮਕ ਮੌਤ ਗ੍ਰਸੀ ਰੱਖਦੀ ਹੈ, ਮਾਇਆ ਦੇ ਮੋਹ ਦੇ ਕਾਰਨ ਉਸ ਨੂੰ ਸਦਾ ਦੁੱਖ ਵਿਆਪਦਾ ਹੈ ।੪।

ਕਰਿ ਕਿਰਪਾ ਲੇਹੁ ਮਿਲਾਇ ਮਹਲੁ ਹਰਿ ਪਾਇਆ ਜੀਉ ॥ ਸਦਾ ਰਹੈ ਕਰ ਜੋੜਿ ਪ੍ਰਭੁ ਮਨਿ ਭਾਇਆ ਜੀਉ ॥ ਪ੍ਰਭੁ ਮਨਿ ਭਾਵੈ ਤਾ ਹੁਕਮਿ ਸਮਾਵੈ ਹੁਕਮੁ ਮੰਨਿ ਸੁਖੁ ਪਾਇਆ ॥ ਅਨਦਿਨੁ ਜਪਤ ਰਹੈ ਦਿਨੁ ਰਾਤੀ ਸਹਜੇ ਨਾਮੁ ਧਿਆਇਆ ॥ ਨਾਮੋ ਨਾਮੁ ਮਿਲੀ ਵਡਿਆਈ ਨਾਨਕ ਨਾਮੁ ਮਨਿ ਭਾਵਏ ॥ ਕਰਿ ਕਿਰਪਾ ਲੇਹੁ ਮਿਲਾਇ ਮਹਲੁ ਹਰਿ ਪਾਵਏ ਜੀਉ ॥੫॥੧॥ {ਪੰਨਾ 690}

ਪਦਅਰਥ:- ਕਰਿ—ਕਰ ਕੇ । ਲੇਹੁ ਮਿਲਾਇ—(ਤੂੰ) ਮਿਲਾ ਲੈਂਦਾ ਹੈਂ । ਮਹਲੁ—ਹਜ਼ੂਰੀ, (ਚਰਨਾਂ ਵਿਚ) ਥਾਂ । ਹਰਿ—ਹੇ ਹਰੀ! ਕਰ—{ਬਹੁ-ਵਚਨ} ਦੋਵੇਂ ਹੱਥ । ਜੋੜਿ—ਜੋੜ ਕੇ । ਮਨਿ—(ਉਸ ਦੇ) ਮਨ ਵਿਚ । ਭਾਇਆ—ਪਿਆਰਾ ਲੱਗਾ । ਭਾਵੈ—ਪਿਆਰਾ ਲੱਗਦਾ ਹੈ । ਤਾ—ਤਦੋਂ । ਹੁਕਮਿ—ਹੁਕਮ ਵਿਚ । ਮੰਨਿ—ਮੰਨ ਕੇ । ਅਨਦਿਨੁ—{Anidnu} ਹਰ ਰੋਜ਼, ਹਰ ਵੇਲੇ । ਸਹਜੇ—ਸਹਜਿ, ਆਤਮਕ ਅਡੋਲਤਾ ਵਿਚ । ਨਾਮੋ ਨਾਮੁ—ਨਾਮ ਹੀ ਨਾਮ ।੫।

ਅਰਥ:- ਹੇ ਹਰੀ! ਜਿਸ ਮਨੁੱਖ ਨੂੰ ਤੂੰ (ਆਪਣੀ) ਕਿਰਪਾ ਕਰ ਕੇ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈਂ, ਉਸ ਨੂੰ ਤੇਰੀ ਹਜ਼ੂਰੀ ਪ੍ਰਾਪਤ ਹੋ ਜਾਂਦੀ ਹੈ । (ਹੇ ਭਾਈ! ਉਹ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ) ਸਦਾ ਹੱਥ ਜੋੜ ਕੇ ਟਿਕਿਆ ਰਹਿੰਦਾ ਹੈ, ਉਸ ਨੂੰ (ਆਪਣੇ) ਮਨ ਵਿਚ ਪ੍ਰਭੂ ਪਿਆਰਾ ਲੱਗਦਾ ਹੈ । ਜਦੋਂ ਮਨੁੱਖ ਨੂੰ ਆਪਣੇ ਮਨ ਵਿਚ ਪ੍ਰਭੂ ਪਿਆਰਾ ਲੱਗਦਾ ਹੈ, ਤਦੋਂ ਉਹ ਪ੍ਰਭੂ ਦੀ ਰਜ਼ਾ ਵਿਚ ਟਿਕ ਜਾਂਦਾ ਹੈ, ਤੇ, ਹੁਕਮ ਮੰਨ ਕੇ ਆਤਮਕ ਆਨੰਦ ਮਾਣਦਾ ਹੈ । ਉਹ ਮਨੁੱਖ ਹਰ ਵੇਲੇ ਦਿਨ ਰਾਤ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ, ਆਤਮਕ ਅਡੋਲਤਾ ਵਿਚ ਟਿਕ ਕੇ ਉਹ ਹਰਿ-ਨਾਮ ਸਿਮਰਦਾ ਰਹਿੰਦਾ ਹੈ । ਹੇ ਨਾਨਕ! ਪਰਮਾਤਮਾ ਦਾ (ਹਰ ਵੇਲੇ) ਨਾਮ-ਸਿਮਰਨ (ਹੀ) ਉਸ ਨੂੰ ਵਡਿਆਈ ਮਿਲੀ ਰਹਿੰਦੀ ਹੈ, ਪ੍ਰਭੂ ਦਾ ਨਾਮ (ਉਸ ਨੂੰ ਆਪਣੇ) ਮਨ ਵਿਚ ਪਿਆਰਾ ਲੱਗਦਾ ਹੈ । ਹੇ ਹਰੀ! (ਆਪਣੀ) ਕਿਰਪਾ ਕਰ ਕੇ (ਜਿਸ ਮਨੁੱਖ ਨੂੰ ਤੂੰ ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈਂ, ਉਸ ਨੂੰ ਤੇਰੀ ਹਜ਼ੂਰੀ ਪ੍ਰਾਪਤ ਹੋ ਜਾਂਦੀ ਹੈ ।੫।੧।

ਧਨਾਸਰੀ ਮਹਲਾ ੫ ਛੰਤ ੴ ਸਤਿਗੁਰ ਪ੍ਰਸਾਦਿ ॥ ਸਤਿਗੁਰ ਦੀਨ ਦਇਆਲ ਜਿਸੁ ਸੰਗਿ ਹਰਿ ਗਾਵੀਐ ਜੀਉ ॥ ਅੰਮ੍ਰਿਤੁ ਹਰਿ ਕਾ ਨਾਮੁ ਸਾਧਸੰਗਿ ਰਾਵੀਐ ਜੀਉ ॥ ਭਜੁ ਸੰਗਿ ਸਾਧੂ ਇਕੁ ਅਰਾਧੂ ਜਨਮ ਮਰਨ ਦੁਖ ਨਾਸਏ ॥ ਧੁਰਿ ਕਰਮੁ ਲਿਖਿਆ ਸਾਚੁ ਸਿਖਿਆ ਕਟੀ ਜਮ ਕੀ ਫਾਸਏ ॥ ਭੈ ਭਰਮ ਨਾਠੇ ਛੁਟੀ ਗਾਠੇ ਜਮ ਪੰਥਿ ਮੂਲਿ ਨ ਆਵੀਐ ॥ ਬਿਨਵੰਤਿ ਨਾਨਕ ਧਾਰਿ ਕਿਰਪਾ ਸਦਾ ਹਰਿ ਗੁਣ ਗਾਵੀਐ ॥੧॥ {ਪੰਨਾ 691}

ਪਦਅਰਥ:- ਦੀਨ ਦਇਆਲ—ਦੀਨਾਂ ਉੱਤੇ ਦਇਆ ਕਰਨ ਵਾਲਾ । ਜਿਸੁ ਸੰਗਿ—ਜਿਸ (ਗੁਰੂ) ਦੀ ਸੰਗਤਿ ਵਿਚ । ਗਾਵੀਐ—ਗਾਇਆ ਜਾ ਸਕਦਾ ਹੈ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ । ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਰਾਵੀਐ—ਸਿਮਰਿਆ ਜਾ ਸਕਦਾ ਹੈ । ਭਜੁ—ਜਾਹ । ਅਰਾਧੂ—ਆਰਾਧ, ਸਿਮਰ । ਨਾਸਏ—ਨਾਸੈ, ਨਾਸ ਹੋ ਜਾਂਦਾ ਹੈ । ਧੁਰਿ—ਧੁਰ ਦਰਗਾਹ ਤੋਂ । ਕਰਮੁ—ਬਖ਼ਸ਼ਸ਼ । ਸਾਚੁ—ਸਦਾ-ਥਿਰ ਹਰਿ-ਨਾਮ (ਦਾ ਸਿਮਰਨ) । ਸਿਖਿਆ—ਸਿੱਖ ਲਿਆ, ਸਿੱਖਿਆ ਲੈ ਲਈ । ਫਾਸਏ—ਫਾਸ, ਫਾਹੀ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} ਗਾਠੇ—ਗਾਠਿ, ਗੰਢ । ਪੰਥਿ—ਰਸਤੇ ਉਤੇ । ਮੂਲਿ—ਬਿਲਕੁਲ । ਬਿਨਵੰਤਿ—ਬੇਨਤੀ ਕਰਦਾ ਹੈ । ਧਾਰਿ—ਕਰ ।੧।

ਅਰਥ:- ਹੇ ਭਾਈ! ਉਹ ਗੁਰੂ ਦੀਨਾਂ ਉੱਤੇ ਦਇਆ ਕਰਨ ਵਾਲਾ ਹੈ ਜਿਸ ਦੀ ਸੰਗਤਿ ਵਿਚ (ਰਹਿ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ । ਗੁਰੂ ਦੀ ਸੰਗਤਿ ਵਿਚ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਸਿਮਰਿਆ ਜਾ ਸਕਦਾ ਹੈ । ਹੇ ਭਾਈ! ਗੁਰੂ ਦੀ ਸੰਗਤਿ ਵਿਚ ਜਾਹ, (ਉਥੇ) ਇਕ ਪ੍ਰਭੂ ਦਾ ਸਿਮਰਨ ਕਰ, (ਸਿਮਰਨ ਦੀ ਬਰਕਤਿ ਨਾਲ) ਜਨਮ ਮਰਨ ਦਾ ਦੁੱਖ ਦੂਰ ਹੋ ਜਾਂਦਾ ਹੈ । (ਜਿਸ ਮਨੁੱਖ ਦੇ ਮੱਥੇ ਉੱਤੇ) ਧੁਰ ਦਰਗਾਹ ਤੋਂ (ਸਿਮਰਨ ਕਰਨ ਵਾਸਤੇ) ਬਖ਼ਸ਼ਸ਼ (ਦਾ ਲੇਖ) ਲਿਖਿਆ ਹੁੰਦਾ ਹੈ, ਉਹੀ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਸਿੱਖਿਆ ਗ੍ਰਹਣ ਕਰਦਾ ਹੈ, ਉਸ ਦੀ ਆਤਮਕ ਮੌਤ ਦੀ ਫਾਹੀ ਕੱਟੀ ਜਾਂਦੀ ਹੈ । ਹੇ ਭਾਈ! ਸਿਮਰਨ ਦੀ ਬਰਕਤਿ ਨਾਲ ਸਾਰੇ ਡਰ ਸਾਰੇ ਭਰਮ ਨਾਸ ਹੋ ਜਾਂਦੇ ਹਨ, (ਮਨ ਵਿਚ ਬੱਝੀ ਹੋਈ) ਗੰਢ ਖੁਲ੍ਹ ਜਾਂਦੀ ਹੈ, ਆਤਮਕ ਮੌਤ ਸਹੇੜਨ ਵਾਲੇ ਰਸਤੇ ਉਤੇ ਬਿਲਕੁਲ ਨਹੀਂ ਤੁਰੀਦਾ । ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! ਮੇਹਰ ਕਰ ਕਿ ਅਸੀ ਜੀਵ ਸਦਾ ਤੇਰੀ ਸਿਫ਼ਤਿ-ਸਾਲਾਹ ਕਰਦੇ ਰਹੀਏ ।੧।

ਨਿਧਰਿਆ ਧਰ ਏਕੁ ਨਾਮੁ ਨਿਰੰਜਨੋ ਜੀਉ ॥ ਤੂ ਦਾਤਾ ਦਾਤਾਰੁ ਸਰਬ ਦੁਖ ਭੰਜਨੋ ਜੀਉ ॥ ਦੁਖ ਹਰਤ ਕਰਤਾ ਸੁਖਹ ਸੁਆਮੀ ਸਰਣਿ ਸਾਧੂ ਆਇਆ ॥ ਸੰਸਾਰੁ ਸਾਗਰੁ ਮਹਾ ਬਿਖੜਾ ਪਲ ਏਕ ਮਾਹਿ ਤਰਾਇਆ ॥ ਪੂਰਿ ਰਹਿਆ ਸਰਬ ਥਾਈ ਗੁਰ ਗਿਆਨੁ ਨੇਤ੍ਰੀ ਅੰਜਨੋ ॥ ਬਿਨਵੰਤਿ ਨਾਨਕ ਸਦਾ ਸਿਮਰੀ ਸਰਬ ਦੁਖ ਭੈ ਭੰਜਨੋ ॥੨॥ {ਪੰਨਾ 691}

ਪਦਅਰਥ:- ਧਰ—ਆਸਰਾ । ਨਿਧਰਿਆ ਧਰ—ਨਿਆਸਰਿਆਂ ਦਾ ਆਸਰਾ । ਏਕੁ ਨਾਮੁ—ਸਿਰਫ਼ ਹਰਿ-ਨਾਮ ਹੀ । ਨਿਰੰਜਨੋ—ਨਿਰੰਜਨੁ, ਮਾਇਆ ਦੀ ਕਾਲਖ ਤੋਂ ਰਹਿਤ {ਅੰਜਨ—ਕਾਲਖ} । ਭੰਜਨੋ—ਨਾਸ ਕਰਨ ਵਾਲਾ । ਹਰਤ—ਦੂਰ ਕਰਨ ਵਾਲਾ । ਕਰਤਾ—ਕਰਤਾਰ, ਪੈਦਾ ਕਰਨ ਵਾਲਾ । ਸੁਖਹ ਸੁਆਮੀ—ਹੇ ਸੁਖਾਂ ਦੇ ਮਾਲਕ! ਸਾਧੂ—ਗੁਰੂ । ਸਾਗਰੁ—ਸਮੁੰਦਰ । ਬਿਖੜਾ—ਔਖਿਆਈਆਂ ਨਾਲ ਭਰਿਆ ਹੋਇਆ । ਗਿਆਨੁ—ਆਤਮਕ ਜੀਵਨ ਦੀ ਸੂਝ । ਨੇਤ੍ਰੀ—ਅੱਖਾਂ ਵਿਚ । ਅੰਜਨੋ—ਸੁਰਮਾ । ਸਿਮਰੀ—ਸਿਮਰੀਂ, ਮੈਂ ਸਿਮਰਾਂ ।੨।

ਅਰਥ:- ਹੇ ਪ੍ਰਭੂ! ਤੂੰ ਮਾਇਆ ਦੀ ਕਾਲਖ ਤੋਂ ਰਹਿਤ ਹੈਂ, ਤੇਰਾ ਨਾਮ ਹੀ ਨਿਆਸਰਿਆਂ ਦਾ ਆਸਰਾ ਹੈ ।

ਤੂੰ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ, ਤੂੰ ਸਭਨਾਂ ਦੇ ਦੁੱਖ ਨਾਸ ਕਰਨ ਵਾਲਾ ਹੈਂ । ਹੇ (ਸਭ ਜੀਵਾਂ ਦੇ) ਦੁੱਖ ਨਾਸ ਕਰਨ ਵਾਲੇ, ਸਭ ਦੇ ਪੈਦਾ ਕਰਨ ਵਾਲੇ, ਸਾਰੇ ਸੁਖਾਂ ਦੇ ਮਾਲਕ-ਪ੍ਰਭੂ! ਜੇਹੜਾ ਮਨੁੱਖ ਗੁਰੂ ਦੀ ਸਰਨ ਆਉਂਦਾ ਹੈ, ਉਸ ਨੂੰ ਤੂੰ ਇਸ ਬੜੇ ਔਖੇ ਸੰਸਾਰ-ਸਮੁੰਦਰ ਤੋਂ ਇਕ ਛਿਨ ਵਿਚ ਪਾਰ ਲੰਘਾ ਦੇਂਦਾ ਹੈਂ । ਹੇ ਪ੍ਰਭੂ! ਗੁਰੂ ਦਾ ਦਿੱਤਾ ਗਿਆਨ-ਸੁਰਮਾ ਜਿਸ ਮਨੁੱਖ ਦੀਆਂ ਅੱਖਾਂ ਵਿਚ ਪੈਂਦਾ ਹੈ, ਉਸ ਨੂੰ ਤੂੰ ਸਭ ਥਾਵਾਂ ਵਿਚ ਵਿਆਪਕ ਦਿੱਸਦਾ ਹੈਂ । ਨਾਨਕ ਬੇਨਤੀ ਕਰਦਾ ਹੈ—ਹੇ ਸਾਰੇ ਦੁੱਖਾਂ ਦੇ ਨਾਸ ਕਰਨ ਵਾਲੇ! (ਮੇਹਰ ਕਰ) ਮੈਂ ਸਦਾ ਤੇਰਾ ਨਾਮ ਸਿਮਰਦਾ ਰਹਾਂ ।੨।

ਆਪਿ ਲੀਏ ਲੜਿ ਲਾਇ ਕਿਰਪਾ ਧਾਰੀਆ ਜੀਉ ॥ ਮੋਹਿ ਨਿਰਗੁਣੁ ਨੀਚੁ ਅਨਾਥੁ ਪ੍ਰਭ ਅਗਮ ਅਪਾਰੀਆ ਜੀਉ ॥ ਦਇਆਲ ਸਦਾ ਕ੍ਰਿਪਾਲ ਸੁਆਮੀ ਨੀਚ ਥਾਪਣਹਾਰਿਆ ॥ ਜੀਅ ਜੰਤ ਸਭਿ ਵਸਿ ਤੇਰੈ ਸਗਲ ਤੇਰੀ ਸਾਰਿਆ ॥ ਆਪਿ ਕਰਤਾ ਆਪਿ ਭੁਗਤਾ ਆਪਿ ਸਗਲ ਬੀਚਾਰੀਆ ॥ ਬਿਨਵੰਤ ਨਾਨਕ ਗੁਣ ਗਾਇ ਜੀਵਾ ਹਰਿ ਜਪੁ ਜਪਉ ਬਨਵਾਰੀਆ ॥੩॥ {ਪੰਨਾ 691}

ਪਦਅਰਥ:- ਲੜਿ—ਲੜ ਨਾਲ, ਪੱਲੇ ਨਾਲ । ਮੋਹਿ—ਮੈਂ । ਨੀਚੁ—ਨੀਵੇਂ ਜੀਵਨ ਵਾਲਾ । ਅਨਾਥੁ—ਨਿਆਸਰਾ । ਪ੍ਰਭ—ਹੇ ਪ੍ਰਭੂ! ਅਗਮ—ਹੇ ਅਪਹੁੰਚ! ਅਪਾਰੀਆ—ਹੇ ਬੇਅੰਤ! ਸੁਆਮੀ—ਹੇ ਸੁਆਮੀ! ਥਾਪਣਹਾਰਿਆ—ਹੇ (ਉੱਚੇ ਥਾਂ) ਟਿਕਾਣ ਵਾਲਿਆ! ਜੀਅ—{ਲਫ਼ਜ਼ 'ਜੀਵ' ਤੋਂ ਬਹੁ-ਵਚਨ} । ਸਭਿ—ਸਾਰੇ । ਵਸਿ—ਵੱਸ ਵਿਚ । ਸਾਰਿਆ—ਸੰਭਾਲ ਵਿਚ । ਭੁਗਤਾ—(ਪਦਾਰਥਾਂ ਨੂੰ) ਭੋਗਣ ਵਾਲਾ । ਬੀਚਾਰੀਆ—ਵੀਚਾਰੀ, ਵਿਚਾਰ ਕਰਨ ਵਾਲਾ । ਜੀਵਾ—ਜੀਵਾਂ, ਆਤਮਕ ਜੀਵਨ ਹਾਸਲ ਕਰਾਂ । ਜਪਉ—ਜਪਉਂ, ਮੈਂ ਜਪਾਂ । ਬਨਵਾਰੀਆ—ਹੇ ਪ੍ਰਭੂ! ।੩।

ਅਰਥ:- ਹੇ ਅਪਹੁੰਚ ਤੇ ਬੇਅੰਤ ਪ੍ਰਭੂ! ਜਿਨ੍ਹਾਂ ਉੱਤੇ ਤੂੰ ਮੇਹਰ (ਦੀ ਨਿਗਾਹ) ਕਰਦਾ ਹੈਂ, ਉਹਨਾਂ ਨੂੰ ਆਪਣੇ ਲੜ ਲਾ ਲੈਂਦਾ ਹੈਂ । ਮੈਂ ਗੁਣ-ਹੀਨ ਨੀਚ ਅਤੇ ਅਨਾਥ (ਭੀ ਤੇਰੀ ਸਰਨ ਆਇਆ ਹਾਂ, ਮੇਰੇ ਉਤੇ ਭੀ ਮੇਹਰ ਕਰ) । ਹੇ ਦਇਆ ਦੇ ਘਰ! ਹੇ ਕਿਰਪਾ ਦੇ ਘਰ ਮਾਲਕ! ਹੇ ਨੀਵਿਆਂ ਨੂੰ ਉੱਚੇ ਬਣਾਣ ਵਾਲੇ ਪ੍ਰਭੂ! ਸਾਰੇ ਜੀਵ ਤੇਰੇ ਵੱਸ ਵਿਚ ਹਨ, ਸਾਰੇ ਤੇਰੀ ਸੰਭਾਲ ਵਿਚ ਹਨ । ਤੂੰ ਆਪ (ਸਭ ਜੀਵਾਂ ਨੂੰ) ਪੈਦਾ ਕਰਨ ਵਾਲਾ ਹੈਂ, (ਸਭ ਵਿਚ ਵਿਆਪਕ ਹੋ ਕੇ) ਤੂੰ ਆਪ (ਸਾਰੇ ਪਦਾਰਥ) ਭੋਗਣ ਵਾਲਾ ਹੈਂ, ਤੂੰ ਆਪ ਸਾਰੇ ਜੀਵਾਂ ਵਾਸਤੇ ਵਿਚਾਰਾਂ ਕਰਨ ਵਾਲਾ ਹੈਂ । ਨਾਨਕ (ਤੇਰੇ ਦਰ ਤੇ) ਬੇਨਤੀ ਕਰਦਾ ਹੈ—ਹੇ ਪ੍ਰਭੂ! (ਮੇਹਰ ਕਰ) ਮੈਂ ਤੇਰੇ ਗੁਣ ਗਾ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਰਹਾਂ, ਮੈਂ ਸਦਾ ਤੇਰੇ ਨਾਮ ਦਾ ਜਾਪ ਜਪਦਾ ਰਹਾਂ ।੩।

ਤੇਰਾ ਦਰਸੁ ਅਪਾਰੁ ਨਾਮੁ ਅਮੋਲਈ ਜੀਉ ॥ ਨਿਤਿ ਜਪਹਿ ਤੇਰੇ ਦਾਸ ਪੁਰਖ ਅਤੋਲਈ ਜੀਉ ॥ ਸੰਤ ਰਸਨ ਵੂਠਾ ਆਪਿ ਤੂਠਾ ਹਰਿ ਰਸਹਿ ਸੇਈ ਮਾਤਿਆ ॥ ਗੁਰ ਚਰਨ ਲਾਗੇ ਮਹਾ ਭਾਗੇ ਸਦਾ ਅਨਦਿਨੁ ਜਾਗਿਆ ॥ ਸਦ ਸਦਾ ਸਿੰਮ੍ਰਤਬ੍ਯ੍ਯ ਸੁਆਮੀ ਸਾਸਿ ਸਾਸਿ ਗੁਣ ਬੋਲਈ ॥ ਬਿਨਵੰਤਿ ਨਾਨਕ ਧੂਰਿ ਸਾਧੂ ਨਾਮੁ ਪ੍ਰਭੂ ਅਮੋਲਈ ॥੪॥੧॥ {ਪੰਨਾ 691}

ਪਦਅਰਥ:- ਅਪਾਰੁ—ਬੇਅੰਤ । ਅਮੋਲਈ—ਅਮੋਲਕ, ਜੇਹੜਾ ਕਿਸੇ (ਦੁਨੀਆਵੀ) ਮੁੱਲ ਤੋਂ ਨਾਹ ਮਿਲ ਸਕੇ । ਨਿਤਿ—ਸਦਾ । ਜਪਹਿ—ਜਪਦੇ ਹਨ । ਪੁਰਖ—ਹੇ ਸਰਬ-ਵਿਆਪਕ! ਅਤੋਲਈ—ਜੋ ਤੋਲਿਆ ਨਾਹ ਜਾ ਸਕੇ । ਰਸਨ—ਜੀਭ । ਵੂਠਾ—ਆ ਵੱਸਿਆ । ਤੂਠਾ—ਤ੍ਰੁੱਠਾ । ਰਸਹਿ—ਰਸ ਵਿਚ । ਸੇਈ—ਉਹੀ ਸੰਤ ਜਨ । ਮਾਤਿਆ—ਮਸਤ । ਮਹਾ ਭਾਗੇ—ਵੱਡੇ ਭਾਗਾਂ ਵਾਲੇ । ਅਨਦਿਨੁ—{Anidnu} ਹਰ ਰੋਜ਼, ਹਰ ਵੇਲੇ

। ਜਾਗਿਆ—ਸੁਚੇਤ ਰਹਿੰਦੇ ਹਨ । ਸਿੰਮ੍ਰਤਬ੍ਯ—ਜਿਸ ਦਾ ਸਿਮਰਨ ਕਰਨਾ ਚਾਹੀਦਾ ਹੈ । ਸਿੰਮ੍ਰਤਬ੍ਯ ਸੁਆਮੀ—ਹੇ ਸਿਮਰਨ-ਜੋਗ ਮਾਲਕ! ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਬੋਲਈ—ਬੋਲਏ, ਬੋਲੈ, ਬੋਲਦਾ ਹੈ । ਸਾਧੂ—ਗੁਰੂ । ਪ੍ਰਭੂ—ਹੇ ਪ੍ਰਭੂ! ।੪।

ਅਰਥ:- ਹੇ ਪ੍ਰਭੂ! ਤੂੰ ਬੇਅੰਤ ਹੈਂ । ਤੇਰਾ ਨਾਮ ਕਿਸੇ (ਦੁਨੀਆਵੀ) ਕੀਮਤ ਤੋਂ ਨਹੀਂ ਮਿਲ ਸਕਦਾ । ਹੇ ਨਾਹ ਤੋਲੇ ਜਾ ਸਕਣ ਵਾਲੇ ਸਰਬ-ਵਿਆਪਕ ਪ੍ਰਭੂ! ਤੇਰੇ ਦਾਸ ਸਦਾ ਤੇਰਾ ਨਾਮ ਜਪਦੇ ਰਹਿੰਦੇ ਹਨ । ਹੇ ਪ੍ਰਭੂ! ਸੰਤਾਂ ਉੱਤੇ ਤੂੰ ਆਪ ਪ੍ਰਸੰਨ ਹੁੰਦਾ ਹੈਂ, ਤੇ ਉਹਨਾਂ ਦੀ ਜੀਭ ਉਤੇ ਆ ਵੱਸਦਾ ਹੈਂ, ਉਹ ਤੇਰੇ ਨਾਮ ਦੇ ਰਸ ਵਿਚ ਮਸਤ ਰਹਿੰਦੇ ਹਨ । ਜੇਹੜੇ ਮਨੁੱਖ ਗੁਰੂ ਦੀ ਚਰਨੀਂ ਆ ਲੱਗਦੇ ਹਨ, ਉਹ ਵੱਡੇ ਭਾਗਾਂ ਵਾਲੇ ਹੋ ਜਾਂਦੇ ਹਨ, ਉਹ ਸਦਾ ਹਰ ਵੇਲੇ (ਸਿਮਰਨ ਦੀ ਬਰਕਤਿ ਨਾਲ ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ ।

ਨਾਨਕ ਬੇਨਤੀ ਕਰਦਾ ਹੈ—ਹੇ ਸਿਮਰਨ-ਜੋਗ ਮਾਲਕ! ਹੇ ਪ੍ਰਭੂ! ਮੈਨੂੰ ਉਸ ਗੁਰੂ ਦੀ ਚਰਨ-ਧੂੜ ਦੇਹ, ਜੇਹੜਾ ਤੇਰਾ ਅਮੋਲਕ ਨਾਮ (ਸਦਾ ਜਪਦਾ ਹੈ), ਜੇਹੜਾ ਸਦਾ ਹੀ ਹਰੇਕ ਸਾਹ ਦੇ ਨਾਲ ਤੇਰੇ ਗੁਣ ਉਚਾਰਦਾ ਰਹਿੰਦਾ ਹੈ ।੪।੧।

ਰਾਗੁ ਧਨਾਸਰੀ ਬਾਣੀ ਭਗਤ ਕਬੀਰ ਜੀ ਕੀ ੴ ਸਤਿਗੁਰ ਪ੍ਰਸਾਦਿ ॥ ਸਨਕ ਸਨੰਦ ਮਹੇਸ ਸਮਾਨਾਂ ॥ ਸੇਖਨਾਗਿ ਤੇਰੋ ਮਰਮੁ ਨ ਜਾਨਾਂ ॥੧॥ ਸੰਤਸੰਗਤਿ ਰਾਮੁ ਰਿਦੈ ਬਸਾਈ ॥੧॥ ਰਹਾਉ ॥ ਹਨੂਮਾਨ ਸਰਿ ਗਰੁੜ ਸਮਾਨਾਂ ॥ ਸੁਰਪਤਿ ਨਰਪਤਿ ਨਹੀ ਗੁਨ ਜਾਨਾਂ ॥੨॥ ਚਾਰਿ ਬੇਦ ਅਰੁ ਸਿੰਮ੍ਰਿਤਿ ਪੁਰਾਨਾਂ ॥ ਕਮਲਾਪਤਿ ਕਵਲਾ ਨਹੀ ਜਾਨਾਂ ॥੩॥ ਕਹਿ ਕਬੀਰ ਸੋ ਭਰਮੈ ਨਾਹੀ ॥ ਪਗ ਲਗਿ ਰਾਮ ਰਹੈ ਸਰਨਾਂਹੀ ॥੪॥੧॥ {ਪੰਨਾ 691}

ਪਦਅਰਥ:- ਸਨਕ ਸਨੰਦ—ਬ੍ਰਹਮਾ ਦੇ ਪੁੱਤਰ (ਸਨਕ, ਸਨੰਦ, ਸਨਾਤਨ, ਸਨਤ ਕੁਮਾਰ) । ਮਹੇਸ—ਸ਼ਿਵ । ਸਮਾਨਾਂ—ਵਰਗਿਆਂ ਨੇ । ਸੇਖ ਨਾਗਿ—ਸ਼ੇਸ਼ ਨਾਗ ਨੇ (ਸ਼ੇਸ਼ ਨਾਗ—ਸੱਪਾਂ ਦਾ ਰਾਜਾ, ਇਸ ਦੇ ਇੱਕ ਹਜ਼ਾਰ ਫਣ ਮਿੱਥੇ ਗਏ ਹਨ; ਇਹਨਾਂ ਨਾਲ ਇਹ ਆਪਣੇ ਇਸ਼ਟ ਵਿਸ਼ਨੂ ਭਗਵਾਨ ਉੱਤੇ ਛਾਂ ਕਰਦਾ ਹੈ, ਹਰੇਕ ਜੀਭ ਨਾਲ ਨਿੱਤ ਨਵਾਂ ਨਾਮ ਭਗਵਾਨ ਦਾ ਉਚਾਰਦਾ ਹੈ) । ਮਰਮੁ—ਭੇਤ ।੧।

ਰਿਦੈ—ਹਿਰਦੇ ਵਿਚ । ਬਸਾਈ—ਬਸਾਈਂ, ਮੈਂ ਵਸਾਉਂਦਾ ਹਾਂ ।੧।ਰਹਾਉ।

ਸਰਿ—ਵਰਗੇ ਨੇ । ਗਰੁੜ—ਵਿਸ਼ਨੂ ਭਗਵਾਨ ਦੀ ਸਵਾਰੀ, ਸਾਰੇ ਪੰਛੀਆਂ ਦਾ ਰਾਜਾ । ਸੁਰ ਪਤਿ—ਦੇਵਤਿਆਂ ਦਾ ਰਾਜਾ, ਇੰਦਰ । ਨਰਪਤਿ—ਮਨੁੱਖਾਂ ਦਾ ਰਾਜਾ ।੨।

ਕਮਲਾਪਤਿ—ਲੱਛਮੀ ਦਾ ਪਤੀ, ਵਿਸ਼ਨੂ । ਕਵਲਾ—ਲੱਛਮੀ ।੩।

ਕਹਿ—ਕਹੇ, ਆਖਦਾ ਹੈ । ਭਰਮੈ ਨਾਹੀ—ਭਟਕਦਾ ਨਹੀਂ । ਪਗ ਲਗਿ—ਚਰਨੀਂ ਲੱਗ ਕੇ । ਸਰਨਾਂਹੀ—ਸ਼ਰਨ ਵਿਚ ।੪।

ਅਰਥ:- ਮੈਂ ਸੰਤਾਂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਉਂਦਾ ਹਾਂ ।੧।ਰਹਾਉ।

ਹੇ ਪ੍ਰਭੂ! (ਬ੍ਰਹਮਾ ਦੇ ਪੁੱਤਰਾਂ) ਸਨਕ, ਸਨੰਦ ਅਤੇ ਸ਼ਿਵ ਜੀ ਵਰਗਿਆਂ ਨੇ ਤੇਰਾ ਭੇਦ ਨਹੀਂ ਪਾਇਆ; (ਵਿਸ਼ਨੂ ਦੇ ਭਗਤ) ਸ਼ੇਸ਼ਨਾਗ ਨੇ ਤੇਰੇ (ਦਿਲ ਦਾ) ਰਾਜ਼ ਨਹੀਂ ਸਮਝਿਆ ।੧।

(ਸ੍ਰੀ ਰਾਮ ਚੰਦਰ ਜੀ ਦੇ ਸੇਵਕ) ਹਨੂਮਾਨ ਵਰਗੇ ਨੇ, (ਵਿਸ਼ਨੂ ਦੇ ਸੇਵਕ ਤੇ ਪੰਛੀਆਂ ਦੇ ਰਾਜੇ) ਗਰੁੜ ਵਰਗਿਆਂ ਨੇ, ਦੇਵਤਿਆਂ ਦੇ ਰਾਜੇ ਇੰਦਰ ਨੇ, ਵੱਡੇ ਵੱਡੇ ਰਾਜਿਆਂ ਨੇ ਭੀ ਤੇਰੇ ਗੁਣਾਂ ਦਾ ਅੰਤ ਨਹੀਂ ਪਾਇਆ ।੨।

ਚਾਰ ਵੇਦ, (ਅਠਾਰਾਂ) ਸਿਮ੍ਰਿਤੀਆਂ, (ਅਠਾਰਾਂ) ਪੁਰਾਣ—(ਇਹਨਾਂ ਦੇ ਕਰਤਾ ਬ੍ਰਹਮਾ, ਮਨੂ ਤੇ ਹੋਰ ਰਿਸ਼ੀਆਂ) ਨੇ ਤੈਨੂੰ ਨਹੀਂ ਸਮਝਿਆ; ਵਿਸ਼ਨੂ ਤੇ ਲੱਛਮੀ ਨੇ ਭੀ ਤੇਰਾ ਅੰਤ ਨਹੀਂ ਪਾਇਆ ।੩।

ਕਬੀਰ ਆਖਦਾ ਹੈ—(ਬਾਕੀ ਸਾਰੀ ਸ੍ਰਿਸ਼ਟੀ ਦੇ ਲੋਕ ਪ੍ਰਭੂ ਨੂੰ ਛੱਡ ਕੇ ਹੋਰ ਹੋਰ ਪਾਸੇ ਭਟਕਦੇ ਰਹੇ) ਇੱਕ ਉਹ ਮਨੁੱਖ ਭਟਕਦਾ ਨਹੀਂ, ਜੋ (ਸੰਤਾਂ ਦੀ) ਚਰਨੀਂ ਲੱਗ ਕੇ ਪਰਮਾਤਮਾ ਦੀ ਸ਼ਰਨ ਵਿਚ ਟਿਕਿਆ ਰਹਿੰਦਾ ਹੈ ।੪।੧।

ਸ਼ਬਦ ਦਾ ਭਾਵ:- ਅੱਨ ਪੂਜਾ ਛੱਡ ਕੇ ਇਕ ਪਰਮਾਤਮਾ ਦਾ ਹੀ ਭਜਨ ਕਰੋ । ਬ੍ਰਹਮਾ, ਸ਼ਿਵ, ਵਿਸ਼ਨੂ, ਇੰਦਰ ਆਦਿਕ ਅਤੇ ਉਹਨਾਂ ਦੇ ਸੇਵਕ ਪਰਮਾਤਮਾ ਦਾ ਅੰਤ ਨਾਹ ਪਾ ਸਕੇ ।੧।

ਦਿਨ ਤੇ ਪਹਰ ਪਹਰ ਤੇ ਘਰੀਆਂ ਆਵ ਘਟੈ ਤਨੁ ਛੀਜੈ ॥ ਕਾਲੁ ਅਹੇਰੀ ਫਿਰੈ ਬਧਿਕ ਜਿਉ ਕਹਹੁ ਕਵਨ ਬਿਧਿ ਕੀਜੈ ॥੧॥ ਸੋ ਦਿਨੁ ਆਵਨ ਲਾਗਾ ॥ ਮਾਤ ਪਿਤਾ ਭਾਈ ਸੁਤ ਬਨਿਤਾ ਕਹਹੁ ਕੋਊ ਹੈ ਕਾ ਕਾ ॥੧॥ ਰਹਾਉ ॥ ਜਬ ਲਗੁ ਜੋਤਿ ਕਾਇਆ ਮਹਿ ਬਰਤੈ ਆਪਾ ਪਸੂ ਨ ਬੂਝੈ ॥ ਲਾਲਚ ਕਰੈ ਜੀਵਨ ਪਦ ਕਾਰਨ ਲੋਚਨ ਕਛੂ ਨ ਸੂਝੈ ॥੨॥ ਕਹਤ ਕਬੀਰ ਸੁਨਹੁ ਰੇ ਪ੍ਰਾਨੀ ਛੋਡਹੁ ਮਨ ਕੇ ਭਰਮਾ ॥ ਕੇਵਲ ਨਾਮੁ ਜਪਹੁ ਰੇ ਪ੍ਰਾਨੀ ਪਰਹੁ ਏਕ ਕੀ ਸਰਨਾਂ ॥੩॥੨॥ {ਪੰਨਾ 692}

ਪਦਅਰਥ:- ਦਿਨ ਤੇ—ਦਿਨਾਂ ਤੋਂ । ਆਵ—ਆਯੂ, ਉਮਰ । ਛੀਜੈ—ਕਮਜ਼ੋਰ ਹੁੰਦਾ ਜਾ ਰਿਹਾ ਹੈ । ਅਹੇਰੀ—ਸ਼ਿਕਾਰੀ । ਬਧਿਕ—ਸ਼ਿਕਾਰੀ । ਕਹਹੁ—ਦੱਸੋ । ਕਵਨ ਬਿਧਿ ਕੀਜੈ—ਕਿਹੜੀ ਵਿਧੀ ਵਰਤੀ ਜਾਏ? ਕਿਹੜਾ ਢੰਗ ਕੀਤਾ ਜਾਏ? ਕੋਈ ਢੰਗ ਕਾਮਯਾਬ ਨਹੀਂ ਹੋ ਸਕਦਾ ।੧।

ਸੋ ਦਿਨੁ—ਉਹ ਦਿਨ (ਜਦੋਂ ਕਾਲ ਅਹੇਰੀ ਨੇ ਸਾਨੂੰ ਭੀ ਆ ਫੜਨਾ ਹੈ) । ਸੁਤ—ਪੁੱਤਰ । ਬਨਿਤਾ—ਵਹੁਟੀ । ਕਾ ਕਾ—ਕਿਸ ਦਾ? ਕੋਊ ਹੈ ਕਾ ਕਾ—ਕੋਈ ਕਿਸ ਦਾ ਹੈ? ਕੋਈ ਕਿਸੇ ਦਾ ਨਹੀਂ ਬਣ ਸਕਦਾ ।੧।ਰਹਾਉ।

ਜੋਤਿ—ਆਤਮਾ, ਜਿੰਦ । ਬਰਤੈ—ਮੌਜੂਦ ਹੈ । ਆਪਾ—ਆਪਣਾ ਅਸਲਾ । ਜੀਵਨ ਪਦ ਕਾਰਨ—ਹੋਰ ਹੋਰ ਜੀਊਣ ਵਾਸਤੇ, ਲੰਮੀ ਉਮਰ ਵਾਸਤੇ । ਲੋਚਨ—ਅੱਖਾਂ ।੨।

ਅਰਥ:- ਦਿਨਾਂ ਤੋਂ ਪਹਿਰ ਤੇ ਪਹਿਰਾਂ ਤੋਂ ਘੜੀਆਂ (ਗਿਣ ਲਉ, ਇਸੇ ਤਰ੍ਹਾਂ ਥੋੜਾ ਥੋੜਾ ਸਮਾ ਕਰ ਕੇ) ਉਮਰ ਘਟਦੀ ਜਾਂਦੀ ਹੈ, ਤੇ ਸਰੀਰ ਕਮਜ਼ੋਰ ਹੁੰਦਾ ਜਾਂਦਾ ਹੈ, (ਸਭ ਜੀਵਾਂ ਦੇ ਸਿਰ ਉੱਤੇ) ਕਾਲ-ਰੂਪ ਸ਼ਿਕਾਰੀ ਇਉਂ ਫਿਰਦਾ ਹੈ ਜਿਵੇਂ (ਹਿਰਨ ਆਦਿਕਾਂ ਦਾ ਸ਼ਿਕਾਰ ਕਰਨ ਵਾਲੇ) ਸ਼ਿਕਾਰੀ । ਦੱਸੋ, (ਇਸ ਸ਼ਿਕਾਰੀ ਤੋਂ ਬਚਣ ਲਈ ਕਿਹੜਾ ਜਤਨ ਕੀਤਾ ਜਾ ਸਕਦਾ ਹੈ? ।੧।

(ਹਰ ਇਕ ਜੀਵ ਦੇ ਸਿਰ ਉੱਤੇ) ਉਹ ਦਿਨ ਆਉਂਦਾ ਜਾਂਦਾ ਹੈ (ਜਦੋਂ ਕਾਲ-ਸ਼ਿਕਾਰੀ ਆ ਪਕੜਦਾ ਹੈ); ਮਾਂ, ਪਿਉ, ਭਰਾ, ਪੁੱਤਰ, ਵਹੁਟੀ—ਇਹਨਾਂ ਵਿਚੋਂ ਕੋਈ (ਉਸ ਕਾਲ ਦੇ ਅੱਗੇ) ਕਿਸੇ ਦੀ ਸਹਾਇਤਾ ਨਹੀਂ ਕਰ ਸਕਦਾ ।੧।ਰਹਾਉ।

ਜਦ ਤਕ ਸਰੀਰ ਵਿਚ ਆਤਮਾ ਮੌਜੂਦ ਰਹਿੰਦਾ ਹੈ, ਪਸ਼ੂ-(ਮਨੁੱਖ) ਆਪਣੇ ਅਸਲੇ ਨੂੰ ਸਮਝਦਾ ਨਹੀਂ, ਹੋਰ ਹੋਰ ਜੀਊਣ ਲਈ ਲਾਲਚ ਕਰਦਾ ਹੈ, ਇਸ ਨੂੰ ਅੱਖੀਂ (ਇਹ) ਨਹੀਂ ਦਿੱਸਦਾ (ਕਿ ਕਾਲ-ਅਹੇਰੀ ਤੋਂ ਛੁਟਕਾਰਾ ਨਹੀਂ ਹੋ ਸਕੇਗਾ) ।੨।

ਕਬੀਰ ਆਖਦਾ ਹੈ—ਹੇ ਭਾਈ! ਸੁਣੋ, ਮਨ ਦੇ (ਇਹ) ਭੁਲੇਖੇ ਦੂਰ ਕਰ ਦਿਉ (ਕਿ ਸਦਾ ਇੱਥੇ ਬਹਿ ਰਹਿਣਾ ਹੈ) । ਹੇ ਜੀਵ? (ਹੋਰ ਲਾਲਸਾ ਛੱਡ ਕੇ) ਸਿਰਫ਼ ਪ੍ਰਭੂ ਨਾਮ ਸਿਮਰੋ, ਤੇ ਉਸ ਇੱਕ ਦੀ ਸ਼ਰਨ ਆਓ ।੩।੨।

ਸ਼ਬਦ ਦਾ ਭਾਵ:- ਮੌਤ ਨੇੜੇ ਆ ਰਹੀ ਹੈ, ਉਮਰ ਸਹਿਜੇ ਸਹਿਜੇ ਘਟਦੀ ਜਾ ਰਹੀ ਹੈ । ਭਜਨ ਕਰੋ ।

ਜੋ ਜਨੁ ਭਾਉ ਭਗਤਿ ਕਛੁ ਜਾਨੈ ਤਾ ਕਉ ਅਚਰਜੁ ਕਾਹੋ ॥ ਜਿਉ ਜਲੁ ਜਲ ਮਹਿ ਪੈਸਿ ਨ ਨਿਕਸੈ ਤਿਉ ਢੁਰਿ ਮਿਲਿਓ ਜੁਲਾਹੋ ॥੧॥ ਹਰਿ ਕੇ ਲੋਗਾ ਮੈ ਤਉ ਮਤਿ ਕਾ ਭੋਰਾ ॥ ਜਉ ਤਨੁ ਕਾਸੀ ਤਜਹਿ ਕਬੀਰਾ ਰਮਈਐ ਕਹਾ ਨਿਹੋਰਾ ॥੧॥ ਰਹਾਉ ॥ ਕਹਤੁ ਕਬੀਰੁ ਸੁਨਹੁ ਰੇ ਲੋਈ ਭਰਮਿ ਨ ਭੂਲਹੁ ਕੋਈ ॥ ਕਿਆ ਕਾਸੀ ਕਿਆ ਊਖਰੁ ਮਗਹਰੁ ਰਾਮੁ ਰਿਦੈ ਜਉ ਹੋਈ ॥੨॥੩॥ {ਪੰਨਾ 692}

ਪਦਅਰਥ:- ਜਾਨੈ—ਸਾਂਝ ਰੱਖਦਾ ਹੈ । ਤਾ ਕਉ—ਉਸ ਵਾਸਤੇ । ਕਾਹੋ ਅਚਰਜੁ—ਕਿਹੜਾ ਅਨੋਖਾ ਕੰਮ? ਕੋਈ ਵੱਡੀ ਅਨੋਖੀ ਗੱਲ ਨਹੀਂ । ਪੈਸਿ—ਪੈ ਕੇ । ਢੁਰਿ—ਢਲ ਕੇ, ਨਰਮ ਹੋ ਕੇ, ਆਪਾ-ਭਾਵ ਗੰਵਾ ਕੇ ।੧।

ਭੋਰਾ—ਭੋਲਾ । ਤਉ—ਤਾਂ । ਤਜਹਿ—ਤਿਆਗ ਦੇਵੇ । ਕਬੀਰਾ—ਹੇ ਕਬੀਰ! ਨਿਹੋਰਾ—ਅਹਿਸਾਨ, ਉਪਕਾਰ ।੧।ਰਹਾਉ।

ਰੇ ਲੋਈ—ਹੇ ਲੋਕ! ਜੇ ਜਗਤ! (ਨੋਟ:- ਲਫ਼ਜ਼ 'ਰੇ' ਪੁਲਿੰਗ ਹੈ, ਇਸ ਦਾ ਇਸਤ੍ਰੀ-ਲਿੰਗ 'ਰੀ' ਹੈ । ਸੋ, ਕਬੀਰ ਜੀ ਇੱਥੇ ਆਪਣੀ ਵਹੁਟੀ 'ਲੋਈ' ਨੂੰ ਨਹੀਂ ਆਖ ਰਹੇ) । ਊਖਰੁ—ਕੱਲਰ । ਮਗਹਰੁ—ਇਕ ਪਿੰਡ ਦਾ ਨਾਮ ਹੈ, ਇਹ ਪਿੰਡ ਯੂ. ਪੀ. ਦੇ ਜ਼ਿਲੇ ਬਸਤੀ ਵਿਚ ਹੈ । ਹਿੰਦੂ ਲੋਕਾਂ ਦਾ ਖ਼ਿਆਲ ਹੈ ਕਿ ਇਸ ਥਾਂ ਨੂੰ ਸ਼ਿਵ ਜੀ ਨੇ ਸਰਾਪ ਦੇ ਦਿੱਤਾ ਸੀ, ਇਸ ਵਾਸਤੇ ਇੱਥੇ ਮਰਿਆਂ ਮੁਕਤੀ ਨਹੀਂ ਮਿਲ ਸਕਦੀ ।੨।

ਅਰਥ:- ਜਿਵੇਂ ਪਾਣੀ ਪਾਣੀ ਵਿਚ ਮਿਲ ਕੇ (ਮੁੜ) ਵੱਖਰਾ ਨਹੀਂ ਹੋ ਸਕਦਾ, ਤਿਵੇਂ (ਕਬੀਰ) ਜੁਲਾਹ (ਭੀ) ਆਪਾ-ਭਾਵ ਮਿਟਾ ਕੇ ਪਰਮਾਤਮਾ ਵਿਚ ਮਿਲ ਗਿਆ ਹੈ । ਇਸ ਵਿਚ ਕੋਈ ਅਨੋਖੀ ਗੱਲ ਨਹੀਂ ਹੈ, ਜੋ ਭੀ ਮਨੁੱਖ ਪ੍ਰਭੂ-ਪ੍ਰੇਮ ਤੇ ਪ੍ਰਭੂ-ਭਗਤੀ ਨਾਲ ਸਾਂਝ ਬਣਾਉਂਦਾ ਹੈ (ਉਸ ਦਾ ਪ੍ਰਭੂ ਨਾਲ ਇੱਕ-ਮਿੱਕ ਹੋ ਜਾਣਾ ਕੋਈ ਵੱਡੀ ਗੱਲ ਨਹੀਂ ਹੈ ।੧।

ਹੇ ਸੰਤ ਜਨੋ! (ਲੋਕਾਂ ਦੇ ਭਾਣੇ) ਮੈਂ ਮੱਤ ਦਾ ਕਮਲਾ ਹੀ ਸਹੀ (ਭਾਵ, ਲੋਕ ਮੈਨੂੰ ਪਏ ਮੂਰਖ ਆਖਣ ਕਿ ਮੈਂ ਕਾਂਸ਼ੀ ਛੱਡ ਕੇ ਮਗਹਰ ਆ ਗਿਆ ਹਾਂ) । (ਪਰ,) ਹੇ ਕਬੀਰ! ਜੇ ਤੂੰ ਕਾਂਸ਼ੀ ਵਿਚ (ਰਹਿੰਦਾ ਹੋਇਆ) ਸਰੀਰ ਛੱਡੇਂ (ਤੇ ਮੁਕਤੀ ਮਿਲ ਜਾਏ) ਤਾਂ ਪਰਮਾਤਮਾ ਦਾ ਇਸ ਵਿਚ ਕੀਹ ਉਪਕਾਰ ਸਮਝਿਆ ਜਾਇਗਾ? ਕਿਉਂਕਿ ਕਾਂਸ਼ੀ ਵਿਚ ਤਾਂ ਉਂਞ ਹੀ ਇਹਨਾਂ ਲੋਕਾਂ ਦੇ ਖ਼ਿਆਲ ਅਨੁਸਾਰ ਮਰਨ ਲੱਗਿਆਂ ਮੁਕਤੀ ਮਿਲ ਜਾਂਦੀ ਹੈ, ਤਾਂ ਫਿਰ ਸਿਮਰਨ ਦਾ ਕੀਹ ਲਾਭ? ।੧।ਰਹਾਉ।

(ਪਰ) ਕਬੀਰ ਆਖਦਾ ਹੈ—ਹੇ ਲੋਕੋ! ਸੁਣੋ, ਕੋਈ ਮਨੁੱਖ ਕਿਸੇ ਭੁਲੇਖੇ ਵਿਚ ਨਾਹ ਪੈ ਜਾਏ (ਕਿ ਕਾਂਸ਼ੀ ਵਿਚ ਮੁਕਤੀ ਮਿਲਦੀ ਹੈ, ਤੇ ਮਗਹਰ ਵਿਚ ਨਹੀਂ ਮਿਲਦੀ), ਜੇ ਪਰਮਾਤਮਾ (ਦਾ ਨਾਮ) ਹਿਰਦੇ ਵਿਚ ਹੋਵੇ, ਤਾਂ

ਕਾਂਸ਼ੀ ਕੀਹ ਤੇ ਕਲਰਾਠਾ ਮਗਹਰ ਕੀਹ (ਦੋਹੀਂ ਥਾਈਂ ਪ੍ਰਭੂ ਵਿਚ ਲੀਨ ਹੋ ਸਕੀਦਾ ਹੈ) ।੨।੩।

ਸ਼ਬਦ ਦਾ ਭਾਵ:- ਪ੍ਰਭੂ ਨਾਲ ਮਿਲਾਪ ਦਾ ਵਸੀਲਾ ਪ੍ਰਭੂ ਦਾ ਸਿਮਰਨ ਹੀ ਹੈ, ਕਿਸੇ ਖ਼ਾਸ ਤੀਰਥ-ਯਾਤ੍ਰਾ ਨਾਲ ਇਸ ਦਾ ਸੰਬੰਧ ਨਹੀਂ ਹੈ ।੩।

ਇੰਦ੍ਰ ਲੋਕ ਸਿਵ ਲੋਕਹਿ ਜੈਬੋ ॥ ਓਛੇ ਤਪ ਕਰਿ ਬਾਹੁਰਿ ਐਬੋ ॥੧॥ ਕਿਆ ਮਾਂਗਉ ਕਿਛੁ ਥਿਰੁ ਨਾਹੀ ॥ ਰਾਮ ਨਾਮ ਰਖੁ ਮਨ ਮਾਹੀ ॥੧॥ ਰਹਾਉ ॥ ਸੋਭਾ ਰਾਜ ਬਿਭੈ ਬਡਿਆਈ ॥ ਅੰਤਿ ਨ ਕਾਹੂ ਸੰਗ ਸਹਾਈ ॥੨॥ ਪੁਤ੍ਰ ਕਲਤ੍ਰ ਲਛਮੀ ਮਾਇਆ ॥ ਇਨ ਤੇ ਕਹੁ ਕਵਨੈ ਸੁਖੁ ਪਾਇਆ ॥੩॥ ਕਹਤ ਕਬੀਰ ਅਵਰ ਨਹੀ ਕਾਮਾ ॥ ਹਮਰੈ ਮਨ ਧਨ ਰਾਮ ਕੋ ਨਾਮਾ ॥੪॥੪॥ {ਪੰਨਾ 692}

ਪਦਅਰਥ:- ਇੰਦ੍ਰ ਲੋਕ—ਸੁਰਗ । ਸਿਵ ਲੋਕਹਿ—ਸ਼ਿਵ ਪੁਰੀ ਵਿਚ । ਜੈਬੋ—(ਜੇ ਮਨੁੱਖ ਅੱਪੜ) ਜਾਇਗਾ । ਓਛੇ—ਹੌਲੇ ਮੇਲ ਦੇ (ਕੰਮ) । ਕਰਿ—ਕਰ ਕੇ । ਬਾਹੁਰਿ—ਮੁੜ, ਫਿਰ (ਨੋਟ:- ਲਫ਼ਜ਼ 'ਬਾਹੁਰਿ' ਅਤੇ 'ਬਾਹਰਿ' ਦਾ ਫ਼ਰਕ ਧਿਆਨ ਰੱਖਣ ਦੇ ਜੋਗ ਹੈ) । ਐਬੋ—ਆ ਜਾਇਗਾ ।੧।

ਮਾਗਉ—ਮਾਗਉਂ, ਮੈਂ ਮੰਗਾਂ । ਥਿਰੁ—ਸਦਾ ਕਾਇਮ ਰਹਿਣ ਵਾਲੀ । ਮਾਹੀ—ਵਿਚ ।੧।ਰਹਾਉ।

ਬਿਭੈ—{Skt. ivBX} ਐਸ਼੍ਵਰਜ । ਅੰਤਿ—ਅਖ਼ੀਰ ਵੇਲੇ । ਸਹਾਈ—ਸਾਥੀ ।੨।

ਕਲਤ੍ਰ—ਇਸਤ੍ਰੀ । ਕਹੁ—ਦੱਸ । ਕਵਨੈ—ਕਿਸ ਨੇ? ਤੇ—ਤੋਂ ।੩।

ਅਵਰ—ਹੋਰ (ਕੰਮ) । ਨਹੀ ਕਾਮਾ—ਕਿਸੇ ਮਤਲਬ ਦੇ ਨਹੀਂ, ਕੋਈ ਲਾਭ ਨਹੀਂ । ਹਮਰੈ ਮਨ—ਮੇਰੇ ਮਨ ਨੂੰ ।੪।

ਅਰਥ:- (ਮੈਂ ਆਪਣੇ ਪ੍ਰਭੂ ਪਾਸੋਂ 'ਨਾਮ' ਤੋਂ ਬਿਨਾ ਹੋਰ) ਕੀਹ ਮੰਗਾਂ? ਕੋਈ ਚੀਜ਼ ਸਦਾ ਕਾਇਮ ਰਹਿਣ ਵਾਲੀ ਨਹੀਂ (ਦਿੱਸਦੀ) ।੧।ਰਹਾਉ।

ਜੇ ਮਨੁੱਖ ਤਪ ਆਦਿਕ ਹੌਲੇ ਮੇਲ ਦੇ ਕੰਮ ਕਰ ਕੇ ਇੰਦਰ-ਪੁਰੀ ਜਾਂ ਸ਼ਿਵ-ਪੁਰੀ ਵਿਚ ਭੀ ਅੱਪੜ ਜਾਇਗਾ ਤਾਂ ਭੀ ਉੱਥੋਂ ਮੁੜ ਵਾਪਸ ਆਵੇਗਾ (ਭਾਵ, ਸ਼ਾਸਤ੍ਰ ਦੇ ਆਪਣੇ ਹੀ ਲਿਖੇ ਅਨੁਸਾਰ ਇਹਨੀਂ ਥਾਈਂ ਭੀ ਸਦਾ ਨਹੀਂ ਟਿਕੇ ਰਹਿ ਸਕੀਦਾ) ।੧।

ਜਗਤ ਵਿਚ ਨਾਮਣਾ, ਰਾਜ, ਐਸ਼੍ਵਰਜ, ਵਡਿਆਈ—ਇਹਨਾਂ ਵਿਚੋਂ ਭੀ ਕੋਈ ਅੰਤ ਵੇਲੇ ਸੰਗੀ-ਸਾਥੀ ਨਹੀਂ ਬਣ ਸਕਦਾ ।੨।

ਪੁੱਤਰ ਵਹੁਟੀ, ਧਨ ਪਦਾਰਥ—ਦੱਸ, (ਹੇ ਭਾਈ!) ਇਹਨਾਂ ਤੋਂ ਭੀ ਕਿਸੇ ਨੇ ਕਦੇ ਸੁਖ ਲੱਭਾ ਹੈ? ।੩।

ਕਬੀਰ ਆਖਦਾ ਹੈ—(ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਹੋਰ ਕੋਈ ਕੰਮ ਕਿਸੇ ਅਰਥ ਨਹੀਂ । ਮੇਰੇ ਮਨ ਨੂੰ ਤਾਂ ਪਰਮਾਤਮਾ ਦਾ ਨਾਮ ਹੀ (ਸਦਾ ਕਾਇਮ ਰਹਿਣ ਵਾਲਾ) ਧਨ ਪ੍ਰਤੀਤ ਹੁੰਦਾ ਹੈ ।੪।੪।

ਸ਼ਬਦ ਦਾ ਭਾਵ:- ਪਰਮਾਤਮਾ ਦਾ ਭਜਨ ਹੀ ਇਕ ਐਸਾ ਧਨ ਹੈ ਜੋ ਸਦਾ ਨਾਲ ਨਿਭਦਾ ਹੈ । ਸੁਰਗ, ਸ਼ਿਵ-ਪੁਰੀ, ਰਾਜ, ਵਡਿਆਈ, ਸੰਬੰਧੀ—ਇਹਨਾਂ ਵਿਚੋਂ ਕੋਈ ਭੀ ਸਦਾ ਦਾ ਸਾਥੀ ਨਹੀਂ ।

ਰਾਮ ਸਿਮਰਿ ਰਾਮ ਸਿਮਰਿ ਰਾਮ ਸਿਮਰਿ ਭਾਈ ॥ ਰਾਮ ਨਾਮ ਸਿਮਰਨ ਬਿਨੁ ਬੂਡਤੇ ਅਧਿਕਾਈ ॥੧॥ ਰਹਾਉ ॥ ਬਨਿਤਾ ਸੁਤ ਦੇਹ ਗ੍ਰੇਹ ਸੰਪਤਿ ਸੁਖਦਾਈ ॥ ਇਨ੍ਹ ਮੈ ਕਛੁ ਨਾਹਿ ਤੇਰੋ ਕਾਲ ਅਵਧ ਆਈ ॥੧॥ ਅਜਾਮਲ ਗਜ ਗਨਿਕਾ ਪਤਿਤ ਕਰਮ ਕੀਨੇ ॥ ਤੇਊ ਉਤਰਿ ਪਾਰਿ ਪਰੇ ਰਾਮ ਨਾਮ ਲੀਨੇ ॥੨॥ ਸੂਕਰ ਕੂਕਰ ਜੋਨਿ ਭ੍ਰਮੇ ਤਊ ਲਾਜ ਨ ਆਈ ॥ ਰਾਮ ਨਾਮ ਛਾਡਿ ਅੰਮ੍ਰਿਤ ਕਾਹੇ ਬਿਖੁ ਖਾਈ ॥੩॥ ਤਜਿ ਭਰਮ ਕਰਮ ਬਿਧਿ ਨਿਖੇਧ ਰਾਮ ਨਾਮੁ ਲੇਹੀ ॥ ਗੁਰ ਪ੍ਰਸਾਦਿ ਜਨ ਕਬੀਰ ਰਾਮੁ ਕਰਿ ਸਨੇਹੀ ॥੪॥੫॥ {ਪੰਨਾ 692}

ਪਦਅਰਥ:- ਭਾਈ—ਹੇ ਭਾਈ! ਬੂਡਤੇ—(ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਵਿਚ) ਡੁੱਬਦੇ ਹਨ । ਅਧਿਕਾਈ—ਬਹੁਤ ਜੀਵ ।੧।ਰਹਾਉ।

ਬਨਿਤਾ—ਵਹੁਟੀ । ਸੁਤ—ਪੁੱਤਰ । ਦੇਹ—ਸਰੀਰ । ਗ੍ਰੇਹ—ਘਰ । ਸੰਪਤਿ—ਦੌਲਤ । ਸੁਖਦਾਈ—ਸੁਖ ਦੇਣ ਵਾਲੇ । ਕਾਲ—ਮੌਤ । ਅਵਧ—{Skt. AviD} ਅਖ਼ੀਰਲਾ ਸਮਾ, ਅਖ਼ੀਰਲੀ ਹੱਦ ।੧।

ਅਜਾਮਲ—ਭਾਗਵਤ ਦੀ ਕਥਾ ਹੈ ਕਿ ਇਕ ਬ੍ਰਾਹਮਣ ਅਜਾਮਲ ਕਨੌਜ ਦੇ ਰਹਿਣ ਵਾਲੇ ਦਾ ਇਕ ਵੇਸਵਾ ਨਾਲ ਮੋਹ ਪੈ ਗਿਆ; ਸਾਰੀ ਉਮਰ ਵਿਕਾਰਾਂ ਵਿਚ ਹੀ ਗੁਜ਼ਾਰਦਾ ਰਿਹਾ । ਪਰ ਆਪਣੇ ਇਕ ਪੁੱਤਰ ਦਾ ਨਾਮ 'ਨਾਰਾਇਣ' ਰੱਖਣ ਕਰਕੇ ਸਹਿਜੇ ਸਹਿਜੇ ਨਾਰਾਇਣ-ਪ੍ਰਭੂ ਨਾਲ ਹੀ ਲਿਵ ਬਣਦੀ ਗਈ, ਤੇ ਇਸ ਤਰ੍ਹਾਂ ਵਿਕਾਰਾਂ ਵਲੋਂ ਉਪਰਾਮ ਹੋ ਕੇ ਭਗਤੀ ਵਿਚ ਲੱਗਾ । ਗਜ—ਹਾਥੀ; ਭਾਗਵਤ ਦੀ ਇਕ ਕਥਾ ਹੈ ਕਿ ਸ੍ਰਾਪ ਦੇ ਕਾਰਨ ਇਕ ਗੰਧਰਵ ਹਾਥੀ ਦੀ ਜੂਨੇ ਆ ਪਿਆ । ਸਰੋਵਰ ਵਿਚੋਂ ਪਾਣੀ ਪੀਣ ਗਏ ਨੂੰ ਇਕ ਤੰਦੂਏ ਨੇ ਫੜ ਲਿਆ । ਪਰਮਾਤਮਾ ਦੇ ਅਰਾਧਨ ਨੇ ਇਸ ਨੂੰ ਉਸ ਬਿਪਤਾ ਤੋਂ ਬਚਾਇਆ ।

ਗਨਿਕਾ—ਵੇਸਵਾ, ਇਸ ਨੂੰ ਇਕ ਮਹਾਤਮਾ ਵਿਕਾਰੀ ਜੀਵਨ ਵਲੋਂ ਬਚਾਉਣ ਲਈ 'ਰਾਮ ਰਾਮ' ਕਹਿਣ ਵਾਲਾ ਇਕ ਤੋਤਾ ਦੇ ਗਏ । ਉਸ ਤੋਤੇ ਦੀ ਸੰਗਤ ਵਿਚ ਇਸ ਨੂੰ ਰਾਮ ਸਿਮਰਨ ਦੀ ਲਗਨ ਲੱਗ ਗਈ, ਤੇ ਵਿਕਾਰਾਂ ਵਲੋਂ ਇਹ ਹਟ ਗਈ । ਪਤਿਤ ਕਰਮ—ਵਿਕਾਰ । ਤੇਊ—ਇਹ ਭੀ ।੨।

ਸੂਕਰ—ਸੂਰ । ਕੂਕਰ—ਕੁੱਤੇ । ਭ੍ਰਮੇ—ਭਟਕਦੇ ਰਹੇ । ਤਊ—ਤਾਂ ਭੀ । ਬਿਖੁ—ਜ਼ਹਿਰ ।੩।

ਤਜਿ—ਛੱਡ ਦੇਹ । ਬਿਧਿ ਕਰਮ—ਉਹ ਕਰਮ ਜੋ ਵਿਧੀ ਅਨੁਸਾਰ ਹੋਣ, ਉਹ ਕਰਮ ਜਿਨ੍ਹਾਂ ਦੇ ਕਰਨ ਦੀ ਆਗਿਆ ਸ਼ਾਸਤ੍ਰਾਂ ਵਲੋਂ ਮਿਲੀ ਹੋਵੇ । ਨਿਖੇਧ ਕਰਮ—ਉਹ ਕੰਮ ਜਿਨ੍ਹਾਂ ਦੇ ਕਰਨ ਬਾਰੇ ਸ਼ਾਸਤ੍ਰਾਂ ਵਲੋਂ ਮਨਾਹੀ ਹੋਵੇ । ਬਿਧਿ—ਆਗਿਆ । ਨਿਖੇਧ—ਮਨਾਹੀ । ਸਨੇਹੀ—ਪਿਆਰਾ, ਸਾਥੀ ।੪।

ਅਰਥ:- ਹੇ ਭਾਈ! ਪ੍ਰਭੂ ਦਾ ਸਿਮਰਨ ਕਰ, ਪ੍ਰਭੂ ਦਾ ਸਿਮਰਨ ਕਰ । ਸਦਾ ਰਾਮ ਦਾ ਸਿਮਰਨ ਕਰ । ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ ਬਹੁਤ ਜੀਵ (ਵਿਕਾਰਾਂ ਵਿਚ) ਡੁੱਬਦੇ ਹਨ ।੧।ਰਹਾਉ।

ਵਹੁਟੀ, ਪੁੱਤਰ, ਸਰੀਰ, ਘਰ, ਦੌਲਤ—ਇਹ ਸਾਰੇ ਸੁਖ ਦੇਣ ਵਾਲੇ ਜਾਪਦੇ ਹਨ, ਪਰ ਜਦੋਂ ਮੌਤ-ਰੂਪ ਤੇਰਾ ਅਖ਼ੀਰਲਾ ਸਮਾ ਆਇਆ, ਤਾਂ ਇਹਨਾਂ ਵਿਚੋਂ ਕੋਈ ਭੀ ਤੇਰਾ ਆਪਣਾ ਨਹੀਂ ਰਹਿ ਜਾਇਗਾ ।੧।

ਅਜਾਮਲ, ਗਜ, ਗਨਿਕਾ—ਇਹ ਵਿਕਾਰ ਕਰਦੇ ਰਹੇ, ਪਰ ਜਦੋਂ ਪਰਮਾਤਮਾ ਦਾ ਨਾਮ ਇਹਨਾਂ ਨੇ ਸਿਮਰਿਆ, ਤਾਂ ਇਹ ਭੀ (ਇਹਨਾਂ ਵਿਕਾਰਾਂ ਵਿਚੋਂ) ਪਾਰ ਲੰਘ ਗਏ ।੨।

(ਹੇ ਸੱਜਣ!) ਤੂੰ ਸੂਰ, ਕੁੱਤੇ ਆਦਿਕ ਦੀਆਂ ਜੂਨੀਆਂ ਵਿਚ ਭਟਕਦਾ ਰਿਹਾ, ਫਿਰ ਭੀ ਤੈਨੂੰ (ਹੁਣ) ਸ਼ਰਮ ਨਹੀਂ

ਆਈ (ਤੂੰ ਅਜੇ ਭੀ ਨਾਮ ਨਹੀਂ ਸਿਮਰਦਾ) । ਪਰਮਾਤਮਾ ਦਾ ਅੰਮ੍ਰਿਤ-ਨਾਮ ਵਿਸਾਰ ਕੇ ਕਿਉਂ (ਵਿਕਾਰਾਂ ਦਾ) ਜ਼ਹਿਰ ਖਾ ਰਿਹਾ ਹੈਂ? ।੩।

(ਹੇ ਭਾਈ!) ਸ਼ਾਸਤ੍ਰਾਂ ਅਨੁਸਾਰ ਕੀਤੇ ਜਾਣ ਵਾਲੇ ਕਿਹੜੇ ਕੰਮ ਹਨ, ਤੇ ਸ਼ਾਸਤ੍ਰਾਂ ਵਿਚ ਕਿਨ੍ਹਾਂ ਕੰਮਾਂ ਬਾਰੇ ਮਨਾਹੀ ਹੈ—ਇਹ ਵਹਿਮ ਛੱਡ ਦੇਹ, ਤੇ ਪਰਮਾਤਮਾ ਦਾ ਨਾਮ ਸਿਮਰ । ਹੇ ਦਾਸ ਕਬੀਰ! ਤੂੰ ਆਪਣੇ ਗੁਰੂ ਦੀ ਕਿਰਪਾ ਨਾਲ ਆਪਣੇ ਪਰਮਾਤਮਾ ਨੂੰ ਹੀ ਆਪਣਾ ਪਿਆਰਾ (ਸਾਥੀ) ਬਣਾ ।੪।੫।

ਸ਼ਬਦ ਦਾ ਭਾਵ:- ਪਰਮਾਤਮਾ ਦਾ ਨਾਮ ਸਿਮਰੋ—ਇਹੀ ਹੈ ਸਦਾ ਦਾ ਸਾਥੀ, ਤੇ ਇਸ ਦੀ ਬਰਕਤਿ ਨਾਲ ਬੜੇ ਬੜੇ ਵਿਕਾਰੀ ਭੀ ਤਰ ਜਾਂਦੇ ਹਨ । ਕਰਮ-ਕਾਂਡ ਦੇ ਭੁਲੇਖਿਆਂ ਵਿਚ ਨਾਹ ਪਵੋ ।

ਧਨਾਸਰੀ ਬਾਣੀ ਭਗਤ ਨਾਮਦੇਵ ਜੀ ਕੀ ੴ ਸਤਿਗੁਰ ਪ੍ਰਸਾਦਿ ॥ ਗਹਰੀ ਕਰਿ ਕੈ ਨੀਵ ਖੁਦਾਈ ਊਪਰਿ ਮੰਡਪ ਛਾਏ ॥ ਮਾਰਕੰਡੇ ਤੇ ਕੋ ਅਧਿਕਾਈ ਜਿਨਿ ਤ੍ਰਿਣ ਧਰਿ ਮੂੰਡ ਬਲਾਏ ॥੧॥ ਹਮਰੋ ਕਰਤਾ ਰਾਮੁ ਸਨੇਹੀ ॥ ਕਾਹੇ ਰੇ ਨਰ ਗਰਬੁ ਕਰਤ ਹਹੁ ਬਿਨਸਿ ਜਾਇ ਝੂਠੀ ਦੇਹੀ ॥੧॥ ਰਹਾਉ ॥ ਮੇਰੀ ਮੇਰੀ ਕੈਰਉ ਕਰਤੇ ਦੁਰਜੋਧਨ ਸੇ ਭਾਈ ॥ ਬਾਰਹ ਜੋਜਨ ਛਤ੍ਰੁ ਚਲੈ ਥਾ ਦੇਹੀ ਗਿਰਝਨ ਖਾਈ ॥੨॥ ਸਰਬ ਸੋੁਇਨ ਕੀ ਲੰਕਾ ਹੋਤੀ ਰਾਵਨ ਸੇ ਅਧਿਕਾਈ ॥ ਕਹਾ ਭਇਓ ਦਰਿ ਬਾਂਧੇ ਹਾਥੀ ਖਿਨ ਮਹਿ ਭਈ ਪਰਾਈ ॥੩॥ ਦੁਰਬਾਸਾ ਸਿਉ ਕਰਤ ਠਗਉਰੀ ਜਾਦਵ ਏ ਫਲ ਪਾਏ ॥ ਕ੍ਰਿਪਾ ਕਰੀ ਜਨ ਅਪੁਨੇ ਊਪਰ ਨਾਮਦੇਉ ਹਰਿ ਗੁਨ ਗਾਏ ॥੪॥੧॥ {ਪੰਨਾ 692-693}

ਪਦਅਰਥ:- ਗਹਰੀ—ਡੂੰਘੀ । ਨੀਵ—ਨੀਂਹ । ਮੰਡਪ—ਸ਼ਾਮੀਆਨੇ, ਮਹਿਲ-ਮਾੜੀਆਂ । ਛਾਏ—ਬਣਵਾਏ । ਮਾਰਕੰਡੇ—{Skt. mwkl&f|X} ਇਕ ਰਿਸ਼ੀ ਦਾ ਨਾਮ ਹੈ, ਬੜੀ ਲੰਮੀ ਉਮਰ ਵਾਲਾ ਸੀ, ਪਰ ਸਾਰੀ ਉਮਰ ਉਸ ਨੇ ਕੱਖਾਂ ਦੀ ਕੁੱਲੀ ਵਿਚ ਹੀ ਗੁਜ਼ਾਰੀ । ਅਧਿਕਾਈ—ਵੱਡੀ ਲੰਮੀ ਉਮਰ ਵਾਲਾ । ਜਿਨਿ—ਜਿਸ ਨੇ । ਤ੍ਰਿਣ—ਤੀਲੇ, ਕੱਖ-ਕਾਣ । ਧਾਰਿ—ਰੱਖ ਕੇ । ਮੂੰਡ—ਸਿਰ । ਤ੍ਰਿਣ ਧਰਿ ਮੂੰਡ—ਸਿਰ ਉੱਤੇ ਕੱਖ ਰੱਖ ਕੇ, ਕੱਖਾਂ ਦੀ ਕੁੱਲੀ ਬਣਾ ਕੇ । ਬਲਾਏ—ਸਮਾ ਗੁਜ਼ਾਰਿਆ ।੧।

ਕਰਤਾ—ਕਰਤਾਰ । ਸਨੇਹੀ—ਪਿਆਰਾ, ਸਦਾ ਦਾ ਸਾਥ ਨਿਭਾਉਣ ਵਾਲਾ । ਹੇ ਨਰ—ਹੇ ਬੰਦਿਓ! ਗਰਬੁ—ਹੰਕਾਰ । ਝੂਠੀ ਦੇਹੀ—ਨਾਸਵੰਤ ਸਰੀਰ ।੧।ਰਹਾਉ।

ਕੁਰੂ—{Skt. kl}} ਦਿੱਲੀ ਦੇ ਪਾਸ ਦੇ ਇਲਾਕੇ ਦਾ ਨਾਮ ਪੁਰਾਣੇ ਸਮੇ ਵਿਚ 'ਕੁਰੂ' ਸੀ । ਕੌਰਉ—{Skt. k0rv, ਕੌਰਵ} 'ਕੁਰੂ' ਦੇਸ ਵਿਚ ਰਾਜ ਕਰਨ ਵਾਲੇ ਰਾਜਿਆਂ ਦੀ ਸੰਤਾਨ । ਸੇ—ਵਰਗੇ । ਭਾਈ—ਭਰਾ । ਜੋਜਨ—ਚਾਰ ਕੋਹ । ਬਾਰਹ ਜੋਜਨ—ਅਠਤਾਲੀ ਕੋਹ । ਛਤ੍ਰੁ ਚਲੈ ਥਾ—ਛਤ੍ਰ ਦਾ ਪ੍ਰਭਾਵ ਸੀ, ਫ਼ੌਜਾਂ ਦਾ ਖਿਲਾਰ ਸੀ ।੨।

ਸੋੁਇਨ—{ਅੱਖਰ 'ਸ' ਦੇ ਨਾਲ ਦੋ ਲਗਾਂ ਹਨ (ੋ) ਅਤੇ (ੁ); ਅਸਲ ਲਫ਼ਜ਼ ਹੈ 'ਸੋਇਨ', ਇੱਥੇ ਪੜ੍ਹਨਾ ਹੈ 'ਸੁਇਨ'} । ਅਧਿਕਾਈ—ਵੱਡੇ ਬਲੀ । ਕਹਾ ਭਇਓ—ਆਖ਼ਰ ਕੀਹ ਬਣਿਆ? ਆਖ਼ਰ ਬਣਿਆ ਕੁਝ ਭੀ ਨਾ । ਦਰਿ—ਦਰ ਤੇ, ਬੂਹੇ ਤੇ ।੩।

ਦੁਰਬਾਸਾ—ਇਕ ਤਪੀ ਸੀ, ਹੈ ਸੀ ਬੜਾ ਕਾਹਲੇ ਸੁਭਾਉ ਵਾਲਾ, ਛੇਤੀ ਹੀ ਰੁੱਸ ਕੇ ਸ੍ਰਾਪ ਦੇ ਦੇਂਦਾ ਸੀ । ਠਗਉਰੀ—ਠੱਗੀ, ਮਖ਼ੌਲ {ਕ੍ਰਿਸ਼ਨ ਜੀ ਦੀ ਕੁਲ 'ਜਾਦਵ' ਦੇ ਕੁਝ ਮੁੰਡੇ ਇਕ ਵਾਰੀ ਸਮੁੰਦਰ ਦੇ ਕੰਡੇ

ਦੁਆਰਕਾ ਦੇ ਪਾਸ ਇਕ ਮੇਲੇ ਦੇ ਸਮੇ ਇਕੱਠੇ ਹੋਏ । ਉੱਥੇ ਦੁਰਬਾਸਾ ਰਿਸ਼ੀ ਤਪ ਕਰਦਾ ਸੀ, ਇਹਨਾਂ ਮੁੰਡਿਆਂ ਨੂੰ ਮਖ਼ੌਲ ਸੁੱਝਿਆ, ਇਕ ਅਨ-ਦਾੜ੍ਹੀਏ ਮੁੰਡੇ ਦੇ ਢਿੱਡ ਉੱਤੇ ਲੋਹੇ ਦੀ ਬਾਟੀ ਪੁੱਠੀ ਬੰਨ੍ਹ ਕੇ ਉਸ ਨੂੰ ਜ਼ਨਾਨੀਆਂ ਵਾਲੇ ਕੱਪੜੇ ਪਾ ਕੇ ਉਸ ਪਾਸ ਲੈ ਗਏ । ਪੁਛਿਓ ਨੇ ਕਿ ਰਿਸ਼ੀ ਜੀ! ਇਸ ਦੇ ਘਰ ਕੀਹ ਜੰਮੇਗਾ? ਦੁਰਬਾਸਾ ਤਾੜ ਗਿਆ ਕਿ ਮਸਖ਼ਰੀ ਕਰਦੇ ਹਨ, ਗੁੱਸੇ ਵਿਚ ਆ ਕੇ ਸ੍ਰਾਪ ਦਿਤੋਸੁ ਕਿ ਉਹ ਜੰਮੇਗਾ ਜੋ ਤੁਹਾਡੀ ਸਾਰੀ ਕੁਲ ਦਾ ਨਾਸ ਕਰ ਦੇਵੇਗਾ । ਸ੍ਰਾਪ ਤੋਂ ਘਬਰਾ ਕੇ ਕ੍ਰਿਸ਼ਨ ਜੀ ਦੀ ਸਲਾਹ ਨਾਲ ਉਹ ਉਸ ਬਾਟੀ ਨੂੰ ਪੱਥਰ ਤੇ ਰਗੜਦੇ ਰਹੇ ਕਿ ਇਸ ਲੋਹੇ ਦਾ ਨਿਸ਼ਾਨ ਹੀ ਮਿਟ ਜਾਏ । ਨਿੱਕਾ ਜਿਹਾ ਟੋਟਾ ਰਹਿ ਗਿਆ, ਉਹ ਸਮੁੰਦਰ ਵਿਚ ਸੁੱਟ ਦਿੱਤੋ ਨੇ । ਇਹ ਟੋਟਾ ਇਕ ਮੱਛੀ ਹੜੱਪ ਕਰ ਗਈ, ਇਕ ਮੱਛੀ ਇਕ ਸ਼ਿਕਾਰੀ ਨੇ ਫੜੀ, ਚੀਰਨ ਤੇ ਇਹ ਲੋਹੇ ਦਾ ਟੋਟਾ ਉਸ ਨੇ ਆਪਣੇ ਤੀਰ ਅੱਗੇ ਲਾ ਲਿਆ । ਜਿੱਥੇ ਬਾਟੀ ਪੱਥਰ ਤੇ ਰਗੜੀ ਸੀ, ਉੱਥੇ ਸਿਰ-ਕੰਡਾ ਉੱਗ ਪਿਆ । ਇਕ ਦਿਨ ਇਕ ਮੇਲੇ ਸਮੇ ਜਾਦਵਾਂ ਦੇ ਨੱਢੇ ਸ਼ਰਾਬ ਪੀ ਕੇ ਉਸ ਸਿਰ-ਕੰਡੇ ਵਾਲੀ ਥਾਂ ਆ ਇਕੱਠੇ ਹੋਏ । ਸ਼ਰਾਬ ਦੀ ਮਸਤੀ ਵਿਚ ਕੁਝ ਬੋਲ ਬਕਾਰਾ ਹੋ ਪਿਆ, ਗੱਲ ਵਧ ਗਈ, ਲੜਾਈ ਹੋ ਪਈ, ਉਹ ਸਿਰਕੰਡਾ ਭੀ ਪੁੱਟ ਪੁੱਟ ਕੇ ਵਰਤਿਓ ਨੇ ਤੇ ਸਾਰੇ ਹੀ ਲੜ ਮੁਏ । ਕੁਲ ਦਾ ਨਾਸ ਹੋਇਆ ਵੇਖ ਕੇ ਇਕ ਦਿਨ ਕ੍ਰਿਸ਼ਨ ਜੀ ਬਨ ਵਿਚ ਲੰਮੇ ਪਏ ਸਨ, ਗੋਡੇ ਉੱਤੇ ਦੂਜਾ ਪੈਰ ਰੱਖਿਆ ਹੋਇਆ ਸੀ । ਉਹ ਮੱਛੀ ਵਾਲਾ ਸ਼ਿਕਾਰੀ ਸ਼ਿਕਾਰ ਦੀ ਭਾਲ ਵਿਚ ਆ ਨਿਕਲਿਆ; ਦੂਰੋਂ ਵੇਖ ਕੇ ਹਰਨ ਸਮਝਿਓਸੁ, ਉਸ ਸ੍ਰਾਪੇ ਹੋਏ ਲੋਹੇ ਵਿਚੋਂ ਬਚੇ ਹੋਏ ਟੋਟੇ ਵਾਲਾ ਤੀਰ ਕੱਸ ਕੇ ਮਾਰਿਓਸੁ ਤੇ ਇਸ ਤਰ੍ਹਾਂ ਜਾਦਵ-ਕੁਲ ਦਾ ਅੰਤਲਾ ਦੀਵਾ ਭੀ ਬੁੱਝ ਗਿਆ} ।੪।

ਅਰਥ:- ਹੇ ਬੰਦਿਓ! (ਆਪਣੇ ਸਰੀਰ ਦਾ) ਕਿਉਂ ਮਾਣ ਕਰਦੇ ਹੋ! ਇਹ ਸਰੀਰ ਨਾਸਵੰਤ ਹੈ, ਨਾਸ ਹੋ ਜਾਇਗਾ; ਅਸਾਡਾ ਅਸਲ ਪਿਆਰਾ (ਜਿਸ ਨੇ ਸਾਥ ਨਿਭਾਉਣਾ ਹੈ) ਤਾਂ ਕਰਤਾਰ ਹੈ, ਪਰਮਾਤਮਾ ਹੈ ।੧।ਰਹਾਉ।

ਜਿਨ੍ਹਾਂ ਨੇ ਡੂੰਘੀਆਂ ਨੀਹਾਂ ਪੁਟਵਾ ਕੇ ਉੱਤੇ ਮਹਿਲ-ਮਾੜੀਆਂ ਉਸਰਾਏ (ਉਹਨਾਂ ਦੇ ਭੀ ਇੱਥੇ ਹੀ ਰਹਿ ਗਏ; ਤਾਹੀਏਂ ਸਿਆਣੇ ਬੰਦੇ ਇਹਨਾਂ ਮਹਿਲ-ਮਾੜੀਆਂ ਦਾ ਭੀ ਮਾਣ ਨਹੀਂ ਕਰਦੇ; ਵੇਖੋ) ਮਾਰਕੰਡੇ ਰਿਸ਼ੀ ਨਾਲੋਂ ਕਿਸ ਦੀ ਵੱਡੀ ਉਮਰ ਹੋਣੀ ਏ? ਉਸ ਨੇ ਕੱਖਾਂ ਦੀ ਕੁੱਲੀ ਵਿਚ ਹੀ ਝੱਟ ਲੰਘਾਇਆ ।੧।

ਜਿਨ੍ਹਾਂ ਕੌਰਵਾਂ ਦੇ ਦੁਰਜੋਧਨ ਵਰਗੇ (ਬਲੀ) ਭਰਾ ਸਨ, ਉਹ ਭੀ (ਇਹ ਮਾਣ ਕਰਦੇ ਰਹੇ ਕਿ) ਅਸਾਡੀ (ਪਾਤਸ਼ਾਹੀ) ਅਸਾਡੀ (ਪਾਤਸ਼ਾਹੀ), (ਪਾਂਡੋ ਕੀਹ ਲੱਗਦੇ ਹਨ ਇਸ ਧਰਤੀ ਦੇ?); (ਕੁਰਖੇਤਰ ਦੇ ਜੰਗ ਵੇਲੇ) ਅਠਤਾਲੀਆਂ ਕੋਹਾਂ ਵਿਚ ਉਹਨਾਂ ਦੀ ਸੈਨਾ ਦਾ ਖਿਲਾਰ ਸੀ (ਪਰ ਕਿੱਧਰ ਗਈ ਬਾਦਸ਼ਾਹੀ ਤੇ ਕਿੱਧਰ ਗਿਆ ਉਹ ਛਤਰ? ਕੁਰਖੇਤਰ ਦੇ ਜੰਗ ਵਿਚ) ਗਿਰਝਾਂ ਨੇ ਉਹਨਾਂ ਦੀਆਂ ਲੋਥਾਂ ਖਾਧੀਆਂ ।੨।

ਰਾਵਣ ਵਰਗੇ ਵੱਡੇ ਬਲੀ ਰਾਜੇ ਦੀ ਲੰਕਾ ਸਾਰੀ ਦੀ ਸਾਰੀ ਸੋਨੇ ਦੀ ਸੀ, (ਉਸ ਦੇ ਮਹਿਲਾਂ ਦੇ) ਦਰਵਾਜ਼ੇ ਤੇ ਹਾਥੀ ਬੱਝੇ ਖਲੋਤੇ ਸਨ, ਪਰ ਆਖ਼ਰ ਕੀਹ ਬਣਿਆ? ਇਕ ਪਲ ਵਿਚ ਸਭ ਕੁਝ ਪਰਾਇਆ ਹੋ ਗਿਆ ।੩।

(ਸੋ, ਅਹੰਕਾਰ ਕਿਸੇ ਚੀਜ਼ ਦਾ ਭੀ ਹੋਵੇ ਉਹ ਮਾੜਾ ਹੈ; ਅਹੰਕਾਰ ਵਿਚ ਹੀ ਆ ਕੇ) ਜਾਦਵਾਂ ਨੇ ਦੁਰਬਾਸਾ ਨਾਲ ਮਸਖ਼ਰੀ ਕੀਤੀ ਤੇ ਇਹ ਫਲ ਪਾਇਓ ਨੇ (ਕਿ ਸਾਰੀ ਕੁਲ ਹੀ ਮੁੱਕ ਗਈ) । (ਪਰ ਸ਼ੁਕਰ ਹੈ) ਆਪਣੇ ਦਾਸ ਨਾਮਦੇਵ ਉੱਤੇ ਪਰਮਾਤਮਾ ਨੇ ਕਿਰਪਾ ਕੀਤੀ ਹੈ ਤੇ ਨਾਮਦੇਵ (ਮਾਣ ਤਿਆਗ ਕੇ) ਪਰਮਾਤਮਾ ਦੇ ਗੁਣ ਗਾਉਂਦਾ ਹੈ ।੪।੧।

ਭਾਵ: ਅਹੰਕਾਰ, ਚਾਹੇ ਕਿਸੇ ਚੀਜ਼ ਦਾ ਭੀ ਹੋਵੇ, ਮਾੜਾ ਹੈ ।

ਦਸ ਬੈਰਾਗਨਿ ਮੋਹਿ ਬਸਿ ਕੀਨ੍ਹੀ ਪੰਚਹੁ ਕਾ ਮਿਟ ਨਾਵਉ ॥ ਸਤਰਿ ਦੋਇ ਭਰੇ ਅੰਮ੍ਰਿਤ ਸਰਿ ਬਿਖੁ ਕਉ ਮਾਰਿ ਕਢਾਵਉ ॥੧॥ ਪਾਛੈ ਬਹੁਰਿ ਨ ਆਵਨੁ ਪਾਵਉ ॥ ਅੰਮ੍ਰਿਤ ਬਾਣੀ ਘਟ ਤੇ ਉਚਰਉ ਆਤਮ ਕਉ ਸਮਝਾਵਉ ॥੧॥ ਰਹਾਉ ॥ ਬਜਰ ਕੁਠਾਰੁ ਮੋਹਿ ਹੈ ਛੀਨਾਂ ਕਰਿ ਮਿੰਨਤਿ ਲਗਿ ਪਾਵਉ ॥ ਸੰਤਨ ਕੇ ਹਮ ਉਲਟੇ ਸੇਵਕ ਭਗਤਨ ਤੇ ਡਰਪਾਵਉ ॥੨॥ ਇਹ ਸੰਸਾਰ ਤੇ ਤਬ ਹੀ ਛੂਟਉ ਜਉ ਮਾਇਆ ਨਹ ਲਪਟਾਵਉ ॥ ਮਾਇਆ ਨਾਮੁ ਗਰਭ ਜੋਨਿ ਕਾ ਤਿਹ ਤਜਿ ਦਰਸਨੁ ਪਾਵਉ ॥੩॥ ਇਤੁ ਕਰਿ ਭਗਤਿ ਕਰਹਿ ਜੋ ਜਨ ਤਿਨ ਭਉ ਸਗਲ ਚੁਕਾਈਐ ॥ ਕਹਤ ਨਾਮਦੇਉ ਬਾਹਰਿ ਕਿਆ ਭਰਮਹੁ ਇਹ ਸੰਜਮ ਹਰਿ ਪਾਈਐ ॥੪॥੨॥ {ਪੰਨਾ 693}

ਪਦਅਰਥ:- ਬੈਰਾਗਨਿ—{Skt. vYrwignI—A female ascetic who has subdued all her passions and desires.} ਸ਼ਾਂਤ ਹੋਏ ਇੰਦ੍ਰੇ । ਮੋਹਿ—ਮੈਂ {ਵੇਖੋ ਲਫ਼ਜ਼ 'ਮੋਹਿ' ਬੰਦ ਨੰ: ੨} । ਪੰਚਹੁ ਕਾ—ਪੰਜ ਕਾਮਾਦਿਕਾਂ ਦਾ । ਨਾਵਉ—ਨਾਮ ਹੀ, ਨਿਸ਼ਾਨ ਹੀ । ਸਤਰਿ ਦੋਇ—ਬਹੱਤਰ ਹਜ਼ਾਰ ਨਾੜੀਆਂ । {ਵੇਖੋ "ਬਹਤਰਿ ਘਰ ਇਕ ਪੁਰਖੁ ਸਮਾਇਆ"—ਸੂਹੀ ਕਬੀਰ ਜੀ} । ਅੰਮ੍ਰਿਤ ਸਰਿ—ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸਰੋਵਰ ਨਾਲ । ਬਿਖੁ—ਜ਼ਹਿਰ, ਮਾਇਆ ਦਾ ਪ੍ਰਭਾਵ ।੧।

ਪਾਛੈ—ਮੁੜ । ਬਹੁਰਿ—ਫਿਰ । ਘਟ ਤੇ—ਹਿਰਦੇ ਤੋਂ, ਦਿਲੋਂ, ਚਿੱਤ ਜੋੜ ਕੇ । ਉਚਰਉ—ਮੈਂ ਉਚਾਰਦਾ ਹਾਂ । ਆਤਮ ਕਉ—ਆਪਣੇ ਆਪ ਨੂੰ ।ਰਹਾਉ।

ਬਜਰ—ਕਰੜਾ । ਕੁਠਾਰੁ—ਕੁਹਾੜਾ । ਮੋਹਿ—ਮੈਂ (ਵੇਖੋ ਪਹਿਲੀ ਤੁਕ ਵਿਚ ਲਫ਼ਜ਼ 'ਮੋਹਿ') । ਲਗਿ—ਲੱਗ ਕੇ । ਪਾਵਉ—ਚਰਨੀਂ । (ਨੋਟ:- ਇੱਥੇ ਰਾਮਾਇਣ ਦੀ ਉਸ ਸਾਖੀ ਵਲ ਇਸ਼ਾਰਾ ਹੈ ਜਦੋਂ ਸੀਤਾ ਜੀ ਦੇ ਸੁਅੰਬਰ ਵੇਲੇ ਸ੍ਰੀ ਰਾਮ ਚੰਦਰ ਜੀ ਨੇ ਸ਼ਿਵ ਜੀ ਦਾ ਧਨੁੰਖ ਤੋੜਿਆ ਸੀ; ਪਰਸ ਰਾਮ ਇਹ ਸੁਣ ਕੇ ਆਪਣਾ ਭਿਆਨਕ ਸ਼ਸਤ੍ਰ ਕੁਹਾੜਾ ਲੈ ਕੇ ਸ੍ਰੀ ਰਾਮ ਚੰਦਰ ਜੀ ਨੂੰ ਮਾਰਨ ਲਈ ਆਇਆ । ਪਰ ਸ੍ਰੀ ਰਾਮ ਚੰਦਰ ਜੀ ਨੇ ਕ੍ਰੋਧ ਵਿਚ ਆਏ ਪਰਸ ਰਾਮ ਦੇ ਚਰਨੀਂ ਹੱਥ ਲਾ ਦਿੱਤੇ, ਇਸ ਤਰ੍ਹਾਂ ਉਸ ਦਾ ਕ੍ਰੋਧ ਤੇ ਬਲ ਖਿੱਚ ਲਿਆ ਤੇ ਕੁਹਾੜਾ ਉਸ ਦੇ ਹੱਥੋਂ ਡਿੱਗ ਪਿਆ) । ਡਰਪਾਵਉ—ਡਰਦਾ ਹਾਂ ।੨।

ਛੂਟਉ—ਬਚਦਾ ਹਾਂ । ਤਿਹ—ਇਸ ਮਾਇਆ ਨੂੰ । ਤਜਿ—ਤਿਆਗ ਕੇ ।੩।

ਇਤੁ ਕਰਿ—ਇਸ ਤਰ੍ਹਾਂ । ਕਰਹਿ—ਕਰਦੇ ਹਨ । ਚੁਕਾਈਐ—ਦੂਰ ਹੋ ਜਾਂਦਾ ਹੈ । ਬਾਹਰਿ—(ਬੈਰਾਗੀ ਬਣ ਕੇ ਬਨ ਆਦਿਕਾਂ ਵਿਚ) ਬਾਹਰ । ਇਹ ਸੰਜਮ—(ਇੰਦ੍ਰੀਆਂ ਨੂੰ ਕਾਬੂ ਵਿਚ ਰੱਖ ਕੇ, ਕਾਮਾਦਿਕਾਂ ਤੋਂ ਬਚ ਕੇ, ਆਪਣੇ ਗੁਰੂ ਦੀ ਸ਼ਰਨ ਪੈ ਕੇ, ਮਾਇਆ ਦਾ ਮੋਹ ਤਿਆਗ ਕੇ) ਇਹਨਾਂ ਜੁਗਤੀਆਂ ਨਾਲ ।੪।

ਅਰਥ:- (ਪ੍ਰਭੂ ਦੇ ਨਾਮ ਦਾ ਵੈਰਾਗੀ ਬਣ ਕੇ) ਮੈਂ ਆਪਣੀਆਂ ਦਸੇ ਵੈਰਾਗਣ ਇੰਦ੍ਰੀਆਂ ਨੂੰ ਆਪਣੇ ਵੱਸ ਵਿਚ ਕਰ ਲਿਆ ਹੈ, (ਮੇਰੇ ਅੰਦਰੋਂ ਹੁਣ) ਪੰਜ ਕਾਮਾਦਿਕਾਂ ਦਾ ਖੁਰਾ-ਖੋਜ ਹੀ ਮਿਟ ਗਿਆ ਹੈ (ਭਾਵ, ਮੇਰੇ ਉੱਤੇ ਇਹ ਆਪਣਾ ਜ਼ੋਰ ਨਹੀਂ ਪਾ ਸਕਦੇ); ਮੈਂ ਆਪਣੀ ਰਗ-ਰਗ ਨੂੰ ਨਾਮ ਅੰਮ੍ਰਿਤ ਦੇ ਸਰੋਵਰ ਨਾਲ ਭਰ ਲਿਆ ਹੈ ਤੇ (ਮਾਇਆ ਦੇ) ਜ਼ਹਿਰ ਦਾ ਪੂਰਨ ਤੌਰ ਤੇ ਨਾਸ ਕਰ ਦਿੱਤਾ ਹੈ ।੧।

ਹੁਣ ਮੈਂ ਮੁੜ ਮੁੜ ਜਨਮ ਮਰਨ ਵਿਚ ਨਹੀਂ ਆਵਾਂਗਾ, (ਕਿਉਂਕਿ) ਮੈਂ ਚਿੱਤ ਜੋੜ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਹਾਂ ਤੇ ਆਪਣੇ ਆਤਮਾ ਨੂੰ (ਸਹੀ ਜੀਵਨ ਦੀ) ਸਿੱਖਿਆ ਦੇਂਦਾ ਰਹਿੰਦਾ ਹਾਂ ।੧।ਰਹਾਉ।

ਆਪਣੇ ਸਤਗੁਰੂ ਦੀ ਚਰਨੀਂ ਲੱਗ ਕੇ, ਗੁਰੂ ਅੱਗੇ ਅਰਜ਼ੋਈ ਕਰ ਕੇ (ਕਾਲ ਦੇ ਹੱਥੋਂ) ਮੈਂ (ਉਸ ਦਾ) ਭਿਆਨਕ

ਕੁਹਾੜਾ ਖੋਹ ਲਿਆ ਹੈ । (ਕਾਲ ਪਾਸੋਂ ਡਰਨ ਦੇ ਥਾਂ) ਮੈਂ ਉਲਟਾ ਭਗਤ ਜਨਾਂ ਤੋਂ ਡਰਦਾ ਹਾਂ (ਭਾਵ, ਅਦਬ ਕਰਦਾ ਹਾਂ) ਤੇ ਉਹਨਾਂ ਦਾ ਹੀ ਸੇਵਕ ਬਣ ਗਿਆ ਹਾਂ ।੨।

ਇਸ ਸੰਸਾਰ ਦੇ ਬੰਧਨਾਂ ਤੋਂ ਮੇਰੀ ਤਦੋਂ ਹੀ ਖ਼ਲਾਸੀ ਹੋ ਸਕਦੀ ਹੈ ਜੇ ਮੈਂ ਮਾਇਆ ਦੇ ਮੋਹ ਵਿਚ ਨਾ ਫਸਾਂ; ਮਾਇਆ (ਦਾ ਮੋਹ) ਹੀ ਜਨਮ ਮਰਨ ਦੇ ਗੇੜ ਵਿਚ ਪੈਣ ਦਾ ਮੂਲ ਹੈ, ਇਸ ਨੂੰ ਤਿਆਗ ਕੇ ਹੀ ਪ੍ਰਭੂ ਦਾ ਦੀਦਾਰ ਹੋ ਸਕਦਾ ਹੈ ।੩।

ਇਸ ਤਰੀਕੇ ਨਾਲ ਜੋ ਮਨੁੱਖ ਪ੍ਰਭੂ ਦੀ ਭਗਤੀ ਕਰਦੇ ਹਨ; ਉਹਨਾਂ ਦਾ ਹਰੇਕ ਕਿਸਮ ਦਾ ਸਹਿਮ ਦੂਰ ਹੋ ਜਾਂਦਾ ਹੈ । ਨਾਮਦੇਵ ਆਖਦਾ ਹੈ—(ਹੇ ਭਾਈ! ਭੇਖੀ ਬੈਰਾਗੀ ਬਣ ਕੇ) ਬਾਹਰ ਭਟਕਣ ਦਾ ਕੋਈ ਲਾਭ ਨਹੀਂ; (ਜਿਹੜੇ ਸੰਜਮ ਅਸਾਂ ਦੱਸੇ ਹਨ) ਇਹਨਾਂ ਸੰਜਮਾਂ ਦੀ ਰਾਹੀਂ ਪਰਮਾਤਮਾ ਦੀ ਪ੍ਰਾਪਤੀ ਹੋ ਸਕਦੀ ਹੈ ।੪।੨।

ਸ਼ਬਦ ਦਾ ਭਾਵ:- ਸਿਮਰਨ ਦੀ ਮਹਿਮਾ—ਇੰਦ੍ਰੇ ਵੱਸ ਵਿਚ ਆ ਜਾਂਦੇ ਹਨ ਤੇ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ।

ਮਾਰਵਾੜਿ ਜੈਸੇ ਨੀਰੁ ਬਾਲਹਾ ਬੇਲਿ ਬਾਲਹਾ ਕਰਹਲਾ ॥ ਜਿਉ ਕੁਰੰਕ ਨਿਸਿ ਨਾਦੁ ਬਾਲਹਾ ਤਿਉ ਮੇਰੈ ਮਨਿ ਰਾਮਈਆ ॥੧॥ ਤੇਰਾ ਨਾਮੁ ਰੂੜੋ ਰੂਪੁ ਰੂੜੋ ਅਤਿ ਰੰਗ ਰੂੜੋ ਮੇਰੋ ਰਾਮਈਆ ॥੧॥ ਰਹਾਉ ॥ ਜਿਉ ਧਰਣੀ ਕਉ ਇੰਦ੍ਰੁ ਬਾਲਹਾ ਕੁਸਮ ਬਾਸੁ ਜੈਸੇ ਭਵਰਲਾ ॥ ਜਿਉ ਕੋਕਿਲ ਕਉ ਅੰਬੁ ਬਾਲਹਾ ਤਿਉ ਮੇਰੈ ਮਨਿ ਰਾਮਈਆ ॥੨॥ ਚਕਵੀ ਕਉ ਜੈਸੇ ਸੂਰੁ ਬਾਲਹਾ ਮਾਨ ਸਰੋਵਰ ਹੰਸੁਲਾ ॥ ਜਿਉ ਤਰੁਣੀ ਕਉ ਕੰਤੁ ਬਾਲਹਾ ਤਿਉ ਮੇਰੈ ਮਨਿ ਰਾਮਈਆ ॥੩॥ ਬਾਰਿਕ ਕਉ ਜੈਸੇ ਖੀਰੁ ਬਾਲਹਾ ਚਾਤ੍ਰਿਕ ਮੁਖ ਜੈਸੇ ਜਲਧਰਾ ॥ ਮਛੁਲੀ ਕਉ ਜੈਸੇ ਨੀਰੁ ਬਾਲਹਾ ਤਿਉ ਮੇਰੈ ਮਨਿ ਰਾਮਈਆ ॥੪॥ ਸਾਧਿਕ ਸਿਧ ਸਗਲ ਮੁਨਿ ਚਾਹਹਿ ਬਿਰਲੇ ਕਾਹੂ ਡੀਠੁਲਾ ॥ ਸਗਲ ਭਵਣ ਤੇਰੋ ਨਾਮੁ ਬਾਲਹਾ ਤਿਉ ਨਾਮੇ ਮਨਿ ਬੀਠੁਲਾ ॥੫॥੩॥ {ਪੰਨਾ 693}

ਪਦਅਰਥ:- ਮਾਰਵਾੜਿ—ਮਾਰਵਾੜ (ਵਰਗੇ ਰੇਤਲੇ ਦੇਸ) ਵਿਚ । ਨੀਰੁ—ਪਾਣੀ । ਬਾਲਹਾ—{Skt. vÑlB, ਵੱਲਭ} ਪਿਆਰਾ । ਕਰਹਲਾ—ਊਠ ਨੂੰ । ਕੁਰੰਕ—ਹਰਨ । ਨਿਸਿ—ਰਾਤ ਵੇਲੇ । ਨਾਦੁ—(ਘੰਡੇਹੇੜੇ ਦੀ) ਆਵਾਜ਼ । ਮਨਿ—ਮਨ ਵਿਚ । ਰਮਈਆ—ਸੋਹਣਾ ਰਾਮ ।੧।

ਰੂੜੋ—ਸੋਹਣਾ ।੧।

ਧਰਣੀ—ਧਰਤੀ । ਇੰਦ੍ਰੁ—(ਭਾਵ) ਮੀਂਹ । ਕੁਸਮ ਬਾਸੁ—ਫੁੱਲ ਦੀ ਸੁਗੰਧੀ । ਭਵਰਲਾ—ਭੌਰੇ ਨੂੰ ।੨।

ਸੂਰੁ—ਸੂਰਜ । ਹੰਸੁਲਾ—ਹੰਸ ਨੂੰ । ਤਰੁਣੀ—ਜੁਆਨ ਇਸਤ੍ਰੀ । ਕੰਤੁ—ਖਸਮ ।੩।

ਖੀਰੁ—ਦੁੱਧ । ਚਾਤ੍ਰਿਕ—ਪਪੀਹਾ । ਜਲਧਰਾ—ਬੱਦਲ ।੪।

ਸਾਧਿਕ—ਸਾਧਨਾ ਕਰਨ ਵਾਲੇ । ਸਿਧ—ਪੁੱਗੇ ਹੋਏ ਜੋਗੀ । ਬੀਠੁਲਾ—{Skt. ivÔTl—one situated at a distance. iv+ÔQl—ਜਿਸ ਦਾ ਅਸਥਾਨ ਦੂਰ ਪਰੇ ਹੈ, ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ} ਪਰਮਾਤਮਾ ।੫।

ਅਰਥ:- ਜਿਵੇਂ ਮਾਰਵਾੜ (ਦੇਸ) ਵਿਚ ਪਾਣੀ ਪਿਆਰਾ ਲੱਗਦਾ ਹੈ, ਜਿਵੇਂ ਊਠ ਨੂੰ ਵੇਲ ਪਿਆਰੀ ਲੱਗਦੀ ਹੈ,

ਜਿਵੇਂ ਹਰਨ ਨੂੰ ਰਾਤ ਵੇਲੇ (ਘੰਡੇਹੇੜੇ ਦੀ) ਅਵਾਜ਼ ਪਿਆਰੀ ਲੱਗਦੀ ਹੈ, ਜਿਵੇਂ ਮੇਰੇ ਮਨ ਵਿਚ ਸੋਹਣਾ ਰਾਮ ਲੱਗਦਾ ਹੈ ।੧।

ਹੇ ਮੇਰੇ ਸੋਹਣੇ ਰਾਮ! ਤੇਰਾ ਨਾਮ ਸੋਹਣਾ ਹੈ, ਤੇਰਾ ਰੂਪ ਸੋਹਣਾ ਹੈ ਅਤੇ ਤੇਰਾ ਰੰਗ ਬਹੁਤ ਸੋਹਣਾ ਹੈ ।੧।ਰਹਾਉ।

ਜਿਵੇਂ ਧਰਤੀ ਨੂੰ ਮੀਂਹ ਪਿਆਰਾ ਲੱਗਦਾ ਹੈ, ਜਿਵੇਂ ਭੌਰੇ ਨੂੰ ਫੁੱਲ ਦੀ ਸੁਗੰਧੀ ਪਿਆਰੀ ਲੱਗਦੀ ਹੈ, ਤਿਵੇਂ ਕੋਇਲ ਨੂੰ ਅੰਬ ਪਿਆਰਾ ਲੱਗਦਾ ਹੈ, ਤਿਵੇਂ ਮੇਰੇ ਮਨ ਵਿਚ ਸੋਹਣਾ ਰਾਮ ਪਿਆਰਾ ਲੱਗਦਾ ਹੈ ।੨।

ਜਿਵੇਂ ਚਕਵੀ ਨੂੰ ਸੂਰਜ ਪਿਆਰਾ ਲੱਗਦਾ ਹੈ; ਜਿਵੇਂ ਹੰਸ ਨੂੰ ਮਾਨਸਰੋਵਰ ਪਿਆਰਾ ਲੱਗਦਾ ਹੈ; ਜਿਵੇਂ ਜੁਆਨ ਇਸਤ੍ਰੀ ਨੂੰ (ਆਪਣਾ) ਖਸਮ ਪਿਆਰਾ ਲੱਗਦਾ ਹੈ, ਤਿਵੇਂ ਮੇਰੇ ਮਨ ਵਿਚ ਸੋਹਣਾ ਰਾਮ ਪਿਆਰਾ ਲੱਗਦਾ ਹੈ ।੩।

ਜਿਵੇਂ ਬਾਲਕ ਨੂੰ ਦੁੱਧ ਪਿਆਰਾ ਲੱਗਦਾ ਹੈ, ਜਿਵੇਂ ਪਪੀਹੇ ਦੇ ਮੂੰਹ ਨੂੰ ਬੱਦਲ ਪਿਆਰਾ ਲੱਗਦਾ ਹੈ, ਮੱਛੀ ਨੂੰ ਜਿਵੇਂ ਪਾਣੀ ਪਿਆਰਾ ਲੱਗਦਾ ਹੈ, ਤਿਵੇਂ ਮੇਰੇ ਮਨ ਵਿਚ ਸੋਹਣਾ ਰਾਮ ਪਿਆਰਾ ਲੱਗਦਾ ਹੈ ।੪।

(ਜੋਗ) ਸਾਧਨਾ ਕਰਨ ਵਾਲੇ, (ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ ਤੇ ਸਾਰੇ ਮੁਨੀ (ਸੋਹਣੇ ਰਾਮ ਦਾ ਦਰਸ਼ਨ ਕਰਨਾ) ਚਾਹੁੰਦੇ ਹਨ, ਪਰ ਕਿਸੇ ਵਿਰਲੇ ਨੂੰ ਦੀਦਾਰ ਹੁੰਦਾ ਹੈ; (ਹੇ ਮੇਰੇ ਸੋਹਣੇ ਰਾਮ! ਜਿਵੇਂ) ਸਾਰੇ ਭਵਨਾਂ (ਦੇ ਜੀਵਾਂ) ਨੂੰ ਤੇਰਾ ਨਾਮ ਪਿਆਰਾ ਹੈ, ਤਿਵੇਂ ਹੀ ਮੈਂ ਨਾਮੇ ਦੇ ਮਨ ਵਿਚ ਭੀ ਤੂੰ ਬੀਠੁਲ ਪਿਆਰਾ ਹੈਂ ।੫।੩।

ਨੋਟ:- ਇੱਥੇ 'ਬੀਠੁਲ' ਤੋਂ ਕਿਸੇ ਕ੍ਰਿਸ਼ਨ-ਮੂਰਤੀ ਦਾ ਭਾਵ ਨਹੀਂ, ਕਿਉਂਕਿ 'ਰਹਾਉ' ਦੀ ਤੁਕ ਵਿਚ ਉਸ ਨੂੰ 'ਰਾਮਈਆ' ਆਖ ਕੇ ਸੰਬੋਧਨ ਕਰਦੇ ਹਨ; ਹਰੇਕ 'ਬੰਦ' ਦੇ ਅਖ਼ੀਰ ਵਿਚ ਭੀ ਜਿਸ ਨੂੰ 'ਰਾਮਈਆ' ਆਖਦੇ ਹਨ, ਉਸੇ ਨੂੰ ਅਖ਼ੀਰਲੇ ਬੰਦ ਵਿਚ 'ਬੀਠੁਲਾ' ਆਖਿਆ ਗਿਆ ਹੈ । ਨਾਮਦੇਵ ਜੀ ਦਾ 'ਰਾਮਈਆ' ਤੇ 'ਬੀਠੁਲ' ਇੱਕੋ ਹੀ ਹੈ । ਜੇ ਨਾਮਦੇਵ ਜੀ ਕ੍ਰਿਸ਼ਨ-ਉਪਾਸ਼ਕ ਹੁੰਦੇ ਤਾਂ ਉਸ ਨੂੰ 'ਰਾਮਈਆ' ਨਾ ਆਖਦੇ ।

ਪਹਿਲ ਪੁਰੀਏ ਪੁੰਡਰਕ ਵਨਾ ॥ ਤਾ ਚੇ ਹੰਸਾ ਸਗਲੇ ਜਨਾਂ ॥ ਕ੍ਰਿਸ੍ਨਾ ਤੇ ਜਾਨਊ ਹਰਿ ਹਰਿ ਨਾਚੰਤੀ ਨਾਚਨਾ ॥੧॥ ਪਹਿਲ ਪੁਰਸਾਬਿਰਾ ॥ ਅਥੋਨ ਪੁਰਸਾਦਮਰਾ ॥ ਅਸਗਾ ਅਸ ਉਸਗਾ ॥ ਹਰਿ ਕਾ ਬਾਗਰਾ ਨਾਚੈ ਪਿੰਧੀ ਮਹਿ ਸਾਗਰਾ ॥੧॥ ਰਹਾਉ ॥ ਨਾਚੰਤੀ ਗੋਪੀ ਜੰਨਾ ॥ ਨਈਆ ਤੇ ਬੈਰੇ ਕੰਨਾ ॥ ਤਰਕੁ ਨ ਚਾ ॥ ਭ੍ਰਮੀਆ ਚਾ ॥ ਕੇਸਵਾ ਬਚਉਨੀ ਅਈਏ ਮਈਏ ਏਕ ਆਨ ਜੀਉ ॥੨॥ ਪਿੰਧੀ ਉਭਕਲੇ ਸੰਸਾਰਾ ॥ ਭ੍ਰਮਿ ਭ੍ਰਮਿ ਆਏ ਤੁਮ ਚੇ ਦੁਆਰਾ ॥ ਤੂ ਕੁਨੁ ਰੇ ॥ ਮੈ ਜੀ ॥ ਨਾਮਾ ॥ ਹੋ ਜੀ ॥ ਆਲਾ ਤੇ ਨਿਵਾਰਣਾ ਜਮ ਕਾਰਣਾ ॥੩॥੪॥ {ਪੰਨਾ 693}

ਪਦਅਰਥ:- ਪਹਿਲ ਪੁਰੀਏ—ਪਹਿਲਾਂ ਪਹਿਲ । {ਪੁਰਾ (pΚrw) ਸੰਸਕ੍ਰਿਤ ਪਦ ਹੈ, ਇਸ ਦਾ ਅਰਥ ਹੈ 'ਪਹਿਲਾਂ'} । ਪੁੰਡਰਕ ਵਨਾ—ਪੁੰਡਰਕਾਂ ਦਾ ਬਨ, ਕੌਲ ਫੁੱਲਾਂ ਦਾ ਖੇਤ । ਪੁੰਡਰਕ—{pΚfrIk} ਚਿੱਟਾ ਕੌਲ ਫੁੱਲ । ਤਾ ਚੇ—ਉਸ (ਪੁੰਡਰਕ ਵਨ) ਦੇ, ਉਸ (ਕੌਲ ਫੁੱਲਾਂ ਦੇ ਖੇਤ) ਦੇ । ਸਗਲੇ ਜਨਾਂ—ਸਾਰੇ ਜੀਅ ਜੰਤ । ਕ੍ਰਿਸ੍ਨਾ—ਮਾਇਆ । ਤੇ—ਤੋਂ । ਜਾਨਊ—ਜਾਣੋ, ਸਮਝੋ । ਹਰਿ ਕ੍ਰਿਸ੍ਨਾ—ਪ੍ਰਭੂ ਦੀ ਮਾਇਆ । ਹਰਿ ਨਾਚਨਾ—ਪ੍ਰਭੂ ਦੀ ਨਾਚ ਕਰਨ ਵਾਲੀ (ਸ੍ਰਿਸ਼ਟੀ) । ਨਾਚੰਤੀ—ਨੱਚ ਰਹੀ ਹੈ ।੧।

ਪੁਰਸਾਬਿਰਾ—ਪੁਰਸ-ਆਬਿਰਾ । ਪੁਰਸ—ਪਰਮਾਤਮਾ । ਆਬਿਰਾ—ਪਰਗਟ (ਹੋਇਆ) । ਆਬਿਰ ਭੂ—{Awivr B } ਪਰਗਟ ਹੋਣਾ । ਅਥੋਨ—ਉਸ ਤੋਂ ਪਿਛੋਂ, ਫਿਰ । ਪੁਰਸਾਦਮਰਾ—ਪੁਰਸ਼ਾਤ-ਅਮਰਾ {p }—wq-Amrw} ਪੁਰਸ਼ ਤੋਂ ਮਾਇਆ । ਅਮਰਾ—ਮਾਇਆ, ਕੁਦਰਤ । ਅਸ ਗਾ—ਇਸ ਦਾ । ਅਸ—ਅਤੇ । ਉਸ ਗਾ—ਉਸ ਦਾ । ਬਾਗਰਾ—ਸੋਹਣਾ ਜਿਹਾ ਬਾਗ਼ । ਪਿੰਧੀ—ਟਿੰਡਾਂ । ਸਾਗਰਾ—ਸਮੁੰਦਰ, ਪਾਣੀ ।੧।ਰਹਾਉ।

ਗੋਪੀ ਜੰਨਾ—ਇਸਤ੍ਰੀਆਂ ਅਤੇ ਮਰਦ । ਨਈਆ—ਨਾਇਕ, ਪਰਮਾਤਮਾ । ਤੇ—ਤੋਂ । ਬੈਰੇ—ਵੱਖਰੇ । ਕੰਨਾ—ਕੋਈ ਨਹੀਂ । ਕੇਸਵਾ ਬਚਉਨੀ—ਕੇਸ਼ਵ ਦੇ ਬਚਨ ਹੀ । ਅਈਏ ਮਈਏ—ਇਸਤ੍ਰੀ ਮਰਦ ਵਿਚ । ਅਈਆ—{AXw} ਇਸਤ੍ਰੀ । ਮਈਆ {mX} ਮਨੁੱਖ । ਏਕ ਆਨ—{EkwXn—ਇਕ ਅਯਨ । ਅਯਨ—ਰਸਤਾ} ਇੱਕੋ ਰਾਹੇ, ਇੱਕ-ਰਸ ।੨।

ਉਭਕਲੇ—ਡੁਬਕੀਆਂ । ਸੰਸਾਰਾ—ਸੰਸਾਰ (ਸਮੁੰਦਰ) ਵਿਚ । ਭ੍ਰਮਿ ਭ੍ਰਮਿ—ਭਟਕ ਭਟਕ ਕੇ । ਤੁਮ ਚੇ—ਤੇਰੇ । ਚੇ—ਦੇ । ਰੇ—ਹੇ ਭਾਈ! ਕੁਨੁ—ਕੌਣ? ਜੀ—ਹੇ (ਪ੍ਰਭੂ) ਜੀ! ਆਲਾ—ਆਲਯ, ਘਰ, ਜਗਤ ਦਾ ਜੰਜਾਲ । ਤੇ—ਤੋਂ । ਨਿਵਾਰਣਾ—ਬਚਾ ਲੈ । ਜਮ ਕਾਰਣਾ—ਜਮਾਂ (ਦੇ ਡਰ) ਦਾ ਕਾਰਨ ।

ਨੋਟ:– ਲਫ਼ਜ਼ 'ਆਲਾ' ਦਾ ਅਰਥ ਕਈ ਸੱਜਣ 'ਆਇਆ' ਕਰਦੇ ਹਨ । ਇਸ ਲਫ਼ਜ਼ 'ਆਲਾ' ਨੂੰ ਉਹ ਧਾਤੂ 'ਆ' ਦਾ 'ਭੂਤਕਾਲ' ਮੰਨਦੇ ਹਨ । ਮਰਾਠੀ ਬੋਲੀ ਵਿਚ ਕਿਸੇ ਧਾਤੂ ਤੋਂ 'ਭੂਤਕਾਲ' ਬਣਾਣ ਲਈ ਪਿਛੇਤਰ 'ਲਾ' ਵਰਤੀਦਾ ਹੈ । ਪਰ ਧਾਤੂ 'ਆ' ਤੋਂ ਮਰਾਠੀ ਵਿਚ 'ਆਲਾ' ਭੂਤਕਾਲ ਨਹੀਂ ਬਣਦਾ, 'ਆ' ਅਤੇ 'ਲਾ' ਦੇ ਵਿਚਕਾਰ 'ਇ' ਭੀ ਵਰਤੀ ਜਾਂਦੀ ਹੈ । 'ਆ' ਤੋਂ ਭੂਤਕਾਲ 'ਆਇਲਾ' ਹੈ; ਜਿਵੇਂ:

"ਗਰੁੜ ਚੜੇ ਗੋਬਿੰਦੁ ਆਇਲਾ" {ਨਾਮਦੇਵ ਜੀ}

ਲਫ਼ਜ਼ 'ਤੇ' ਦਾ ਉਹ ਸੱਜਣ 'ਅਤੇ' ਅਰਥ ਕਰਦੇ ਹਨ । ਇਹ ਭੀ ਗ਼ਲਤ ਹੈ । 'ਤੇ' ਦਾ ਅਰਥ ਹੈ 'ਤੋਂ' । 'ਅਤੇ' ਵਾਸਤੇ ਪੁਰਾਣੀ ਪੰਜਾਬੀ ਵਿਚ ਲਫ਼ਜ਼ 'ਤੈ' ਹੈ ।੩।

ਅਰਥ:– ਪਹਿਲਾਂ ਪੁਰਸ਼ (ਅਕਾਲ ਪੁਰਖ) ਪਰਗਟ ਹੋਇਆ {"ਆਪੀਨ੍ਹੈ ਆਪੁ ਸਾਜਿਓ, ਆਪੀਨ੍ਹੈ ਰਚਿਓ ਨਾਉ"} । ਫਿਰ ਅਕਾਲ ਪੁਰਖ ਤੋਂ ਮਾਇਆ (ਬਣੀ) ("ਦੁਯੀ ਕੁਦਰਤਿ ਸਾਜੀਐ") । ਇਸ ਮਾਇਆ ਦਾ ਅਤੇ ਉਸ ਅਕਾਲ ਪੁਰਖ ਦਾ (ਮੇਲ ਹੋਇਆ) ("ਕਰਿ ਆਸਣੁ ਡਿਠੋ ਚਾਉ") । (ਇਸ ਤਰ੍ਹਾਂ ਇਹ ਸੰਸਾਰ) ਪਰਮਾਤਮਾ ਦਾ ਇਕ ਸੋਹਣਾ ਜਿਹਾ ਬਾਗ਼ (ਬਣ ਗਿਆ ਹੈ, ਜੋ) ਇਉਂ ਨੱਚ ਰਿਹਾ ਹੈ ਜਿਵੇਂ (ਖੂਹ ਦੀਆਂ) ਟਿੰਡਾਂ ਵਿਚ ਪਾਣੀ ਨੱਚਦਾ ਹੈ (ਭਾਵ, ਸੰਸਾਰ ਦੇ ਜੀਵ ਮਾਇਆ ਵਿਚ ਮੋਹਿਤ ਹੋ ਕੇ ਦੌੜ-ਭੱਜ ਕਰ ਰਹੇ ਹਨ, ਮਾਇਆ ਦੇ ਹੱਥਾਂ ਉੱਤੇ ਨੱਚ ਰਹੇ ਹਨ) ।੧।ਰਹਾਉ।

ਪਹਿਲਾਂ ਪਹਿਲ (ਜੋ ਜਗਤ ਬਣਿਆ ਹੈ ਉਹ, ਮਾਨੋ) ਕੌਲ ਫੁੱਲਾਂ ਦਾ ਖੇਤ ਹੈ, ਸਾਰੇ ਜੀਅ ਜੰਤ ਉਸ (ਕੌਲ ਫੁੱਲਾਂ ਦੇ ਖੇਤ) ਦੇ ਹੰਸ ਹਨ । ਪਰਮਾਤਮਾ ਦੀ ਇਹ ਰਚਨਾ ਨਾਚ ਕਰ ਰਹੀ ਹੈ । ਇਹ ਪ੍ਰਭੂ ਦੀ ਮਾਇਆ (ਦੀ ਪ੍ਰੇਰਨਾ) ਤੋਂ ਸਮਝੋ ।੧।

ਇਸਤ੍ਰੀਆਂ ਮਰਦ ਸਭ ਨੱਚ ਰਹੇ ਹਨ, (ਪਰ ਇਹਨਾਂ ਸਭਨਾਂ ਵਿਚ) ਪਰਮਾਤਮਾ ਤੋਂ ਬਿਨਾ ਕੋਈ ਹੋਰ ਨਹੀਂ ਹੈ । (ਹੇ ਭਾਈ! ਇਸ ਵਿਚ) ਸ਼ੱਕ ਨਾ ਕਰ, (ਇਸ ਸੰਬੰਧੀ) ਭਰਮ ਦੂਰ ਕਰ ਦੇਹ । ਹਰੇਕ ਇਸਤ੍ਰੀ-ਮਰਦ ਵਿਚ ਪਰਮਾਤਮਾ ਦੇ ਬਚਨ ਹੀ ਇੱਕ-ਰਸ ਹੋ ਰਹੇ ਹਨ (ਭਾਵ, ਹਰੇਕ ਜੀਵ ਵਿਚ ਪਰਮਾਤਮਾ ਆਪ ਹੀ ਬੋਲ ਰਿਹਾ ਹੈ) ।੨।

(ਹੇ ਭਾਈ! ਜੀਵ-) ਟਿੰਡਾਂ ਸੰਸਾਰ-ਸਮੁੰਦਰ ਵਿਚ ਡੁਬਕੀਆਂ ਲੈ ਰਹੀਆਂ ਹਨ । ਹੇ ਪ੍ਰਭੂ! ਭਟਕ ਭਟਕ ਕੇ ਮੈਂ ਤੇਰੇ ਦਰ ਤੇ ਆ ਡਿੱਗਾ ਹਾਂ । ਹੇ (ਪ੍ਰਭੂ) ਜੀ! (ਜੇ ਤੂੰ ਮੈਨੂੰ ਪੁੱਛੇਂ-) ਤੂੰ ਕੌਣ ਹੈਂ? (ਤਾਂ) ਹੇ ਜੀ! ਮੈਂ ਨਾਮਾ ਹਾਂ । ਮੈਨੂੰ ਜਗਤ ਦੇ ਜੰਜਾਲ ਤੋਂ, ਜੋ ਕਿ ਜਮਾਂ (ਦੇ ਡਰ) ਦਾ ਕਾਰਨ ਹੈ, ਬਚਾ ਲੈ ।੩, ੪।

ਸ਼ਬਦ ਦਾ ਭਾਵ:- ਮਾਇਆ ਦਾ ਪ੍ਰਭਾਵ ਅਤੇ ਇਸ ਦਾ ਇਲਾਜ ।

ਇਹ ਸਾਰੀ ਮਾਇਕ ਰਚਨਾ ਪ੍ਰਭੂ ਤੋਂ ਹੀ ਹੋਈ ਹੈ, ਪ੍ਰਭੂ ਸਭ ਵਿਚ ਵਿਆਪਕ ਹੈ । ਪਰ ਜੀਵ ਪ੍ਰਭੂ ਨੂੰ ਵਿਸਾਰ ਕੇ ਮਾਇਆ ਦੇ ਹੱਥ ਉੱਤੇ ਨੱਚ ਰਹੇ ਹਨ । ਪ੍ਰਭੂ ਦੀ ਸ਼ਰਨ ਪਿਆਂ ਹੀ ਇਸ ਤੋਂ ਬਚੀਦਾ ਹੈ ।

ਪਤਿਤ ਪਾਵਨ ਮਾਧਉ ਬਿਰਦੁ ਤੇਰਾ ॥ ਧੰਨਿ ਤੇ ਵੈ ਮੁਨਿ ਜਨ ਜਿਨ ਧਿਆਇਓ ਹਰਿ ਪ੍ਰਭੁ ਮੇਰਾ ॥੧॥ ਮੇਰੈ ਮਾਥੈ ਲਾਗੀ ਲੇ ਧੂਰਿ ਗੋਬਿੰਦ ਚਰਨਨ ਕੀ ॥ ਸੁਰਿ ਨਰ ਮੁਨਿ ਜਨ ਤਿਨਹੂ ਤੇ ਦੂਰਿ ॥੧॥ ਰਹਾਉ ॥ ਦੀਨ ਕਾ ਦਇਆਲੁ ਮਾਧੌ ਗਰਬ ਪਰਹਾਰੀ ॥ ਚਰਨ ਸਰਨ ਨਾਮਾ ਬਲਿ ਤਿਹਾਰੀ ॥੨॥੫॥ {ਪੰਨਾ 694}

ਪਦਅਰਥ:- ਪਤਿਤ—(ਵਿਕਾਰਾਂ ਵਿਚ) ਡਿੱਗੇ ਹੋਏ । ਪਾਵਨ—ਪਵਿਤ੍ਰ । ਮਾਧਉ—ਹੇ ਮਾਧੋ! ਬਿਰਦੁ—ਮੁੱਢ ਕਦੀਮਾਂ ਦਾ ਸੁਭਾਉ । ਧੰਨਿ—ਭਾਗਾਂ ਵਾਲੇ । ਤੇ ਵੈ—ਉਹ । ਮੁਨਿ ਜਨ—ਮੁਨੀ ਲੋਕ, ਰਿਸ਼ੀ ਲੋਕ । (ਨੋਟ:- ਲਫ਼ਜ਼ 'ਜਨ' ਦਾ ਅਰਥ ਵੱਖਰਾ ਨਹੀਂ ਕਰਨਾ, 'ਜਨ' ਇੱਥੇ 'ਮੁਨੀਆਂ' ਦਾ ਸਮੂਹ ਪਰਗਟ ਕਰਦਾ ਹੈ, ਭਾਵ, ਬੇਅੰਤ ਮੁਨੀ, ਬਹੁਤ ਮੁਨੀ; ਇਸੇ ਤਰ੍ਹਾਂ ਲਫ਼ਜ਼ "ਸੰਤ ਜਨ") । ਮੇਰਾ—ਪਿਆਰਾ ।੧।

ਮਾਥੈ—ਮੱਥੇ ਉੱਤੇ । ਲਾਗੀਲੇ—ਲੱਗੀ ਹੈ । ਧੂਰਿ—ਧੂੜ । ਸੁਰਿ ਨਰ—ਦੇਵਤੇ । ਦੂਰਿ—ਪਰੇ (ਭਾਵ, ਉਹਨਾਂ ਦੇ ਭਾਗਾਂ ਵਿਚ ਨਹੀਂ) । ਤੇ—ਤੋਂ ।੧।ਰਹਾਉ।

ਗਰਬ—ਅਹੰਕਾਰ । ਪਰਹਾਰੀ—ਦੂਰ ਕਰਨ ਵਾਲਾ । ਬਲਿ—ਸਦਕੇ ।੨।

ਅਰਥ:- ਹੇ ਮਾਧੋ! (ਵਿਕਾਰਾਂ ਵਿਚ) ਡਿੱਗੇ ਹੋਏ ਬੰਦਿਆਂ ਨੂੰ (ਮੁੜ) ਪਵਿੱਤਰ ਕਰਨਾ ਤੇਰਾ ਮੁੱਢ ਕਦੀਮਾਂ ਦਾ ਸੁਭਾਉ ਹੈ । (ਹੇ ਭਾਈ!) ਉਹ ਮੁਨੀ ਲੋਕ ਭਾਗਾਂ ਵਾਲੇ ਹਨ, ਜਿਨ੍ਹਾਂ ਪਿਆਰੇ ਹਰੀ ਪ੍ਰਭੂ ਨੂੰ ਸਿਮਰਿਆ ਹੈ ।੧।

(ਉਸ ਗੋਬਿੰਦ ਦੀ ਮਿਹਰ ਨਾਲ) ਮੇਰੇ ਮੱਥੇ ਉੱਤੇ (ਭੀ) ਉਸ ਦੇ ਚਰਨਾਂ ਦੀ ਧੂੜ ਲੱਗੀ ਹੈ (ਭਾਵ, ਮੈਨੂੰ ਭੀ ਗੋਬਿੰਦ ਦੇ ਚਰਨਾਂ ਦੀ ਧੂੜ ਮੱਥੇ ਉੱਤੇ ਲਾਉਣੀ ਨਸੀਬ ਹੋਈ ਹੈ); ਉਹ ਧੂੜ ਦੇਵਤੇ ਤੇ ਮੁਨੀ ਲੋਕਾਂ ਦੇ ਭੀ ਭਾਗਾਂ ਵਿਚ ਨਹੀਂ ਹੋ ਸਕੀ ।੧।ਰਹਾਉ।

ਹੇ ਮਾਧੋ! ਤੂੰ ਦੀਨਾਂ ਉੱਤੇ ਦਇਆ ਕਰਨ ਵਾਲਾ ਹੈਂ । ਤੂੰ (ਅਹੰਕਾਰੀਆਂ ਦਾ) ਅਹੰਕਾਰ ਦੂਰ ਕਰਨ ਵਾਲਾ ਹੈਂ । ਮੈਂ ਨਾਮਦੇਵ ਤੇਰੇ ਚਰਨਾਂ ਦੀ ਸ਼ਰਨ ਆਇਆ ਹਾਂ ਅਤੇ ਤੈਥੋਂ ਸਦਕੇ ਹਾਂ ।੨।੫।

ਸ਼ਬਦ ਦਾ ਭਾਵ:- ਪ੍ਰਭੂ ਦੇ ਸਿਮਰਨ ਦੀ ਦਾਤ ਭਾਗਾਂ ਵਾਲਿਆਂ ਨੂੰ ਮਿਲਦੀ ਹੈ । ਜੋ ਸਿਮਰਦੇ ਹਨ ਉਹਨਾਂ ਦੇ ਸਭ ਪਾਪ ਦੂਰ ਹੋ ਜਾਂਦੇ ਹਨ ।

ਧਨਾਸਰੀ ਭਗਤ ਰਵਿਦਾਸ ਜੀ ਕੀ ੴ ਸਤਿਗੁਰ ਪ੍ਰਸਾਦਿ ॥ ਹਮ ਸਰਿ ਦੀਨੁ ਦਇਆਲੁ ਨ ਤੁਮ ਸਰਿ ਅਬ ਪਤੀਆਰੁ ਕਿਆ ਕੀਜੈ ॥ ਬਚਨੀ ਤੋਰ ਮੋਰ ਮਨੁ ਮਾਨੈ ਜਨ ਕਉ ਪੂਰਨੁ ਦੀਜੈ

॥੧॥ ਹਉ ਬਲਿ ਬਲਿ ਜਾਉ ਰਮਈਆ ਕਾਰਨੇ ॥ ਕਾਰਨ ਕਵਨ ਅਬੋਲ ॥ ਰਹਾਉ ॥ ਬਹੁਤ ਜਨਮ ਬਿਛੁਰੇ ਥੇ ਮਾਧਉ ਇਹੁ ਜਨਮੁ ਤੁਮ੍ਹਾਰੇ ਲੇਖੇ ॥ ਕਹਿ ਰਵਿਦਾਸ ਆਸ ਲਗਿ ਜੀਵਉ ਚਿਰ ਭਇਓ ਦਰਸਨੁ ਦੇਖੇ ॥੨॥੧॥ {ਪੰਨਾ 694}

ਪਦਅਰਥ:- ਹਮ ਸਰਿ—ਮੇਰੇ ਵਰਗਾ । ਸਰਿ—ਵਰਗਾ, ਬਰਾਬਰ ਦਾ । ਦੀਨੁ—ਨਿਮਾਣਾ, ਕੰਗਾਲ । ਅਬ—ਹੁਣ । ਪਤੀਆਰੁ—(ਹੋਰ) ਪਰਤਾਵਾ । ਕਿਆ ਕੀਜੈ—ਕੀਹ ਕਰਨਾ ਹੋਇਆ? ਕਰਨ ਦੀ ਲੋੜ ਨਹੀਂ । ਬਚਨੀ ਤੋਰ—ਤੇਰੀਆਂ ਗੱਲਾਂ ਕਰ ਕੇ । ਮੋਰ—ਮੇਰਾ । ਮਾਨੈ—ਮੰਨ ਜਾਏ, ਪਤੀਜ ਜਾਏ । ਪੂਰਨ—ਪੂਰਨ ਭਰੋਸਾ ।੧।

ਰਮਈਆ ਕਾਰਨੇ—ਸੋਹਣੇ ਰਾਮ ਤੋਂ । ਕਵਨ—ਕਿਸ ਕਾਰਨ? ਅਬੋਲ—ਨਹੀਂ ਬੋਲਦਾ ।ਰਹਾਉ।

ਮਾਧਉ—ਹੇ ਮਾਧੋ! ਤੁਮ੍ਹਾਰੇ ਲੇਖੇ—(ਭਾਵ,) ਤੇਰੀ ਯਾਦ ਵਿਚ ਬੀਤੇ । ਕਹਿ— ਕਹੇ, ਆਖਦਾ ਹੈ ।੨।

ਅਰਥ:- (ਹੇ ਮਾਧੋ!) ਮੇਰੇ ਵਰਗਾ ਕੋਈ ਨਿਮਾਣਾ ਨਹੀਂ, ਤੇ, ਤੇਰੇ, ਵਰਗਾ ਹੋਰ ਕੋਈ ਦਇਆ ਕਰਨ ਵਾਲਾ ਨਹੀਂ, (ਮੇਰੀ ਕੰਗਾਲਤਾ ਦਾ) ਹੁਣ ਹੋਰ ਪਰਤਾਵਾ ਕਰਨ ਦੀ ਲੋੜ ਨਹੀਂ । (ਹੇ ਸੋਹਣੇ ਰਾਮ!) ਮੈਨੂੰ ਦਾਸ ਨੂੰ ਇਹ ਪੂਰਨ ਸਿਦਕ ਬਖ਼ਸ਼ ਕਿ ਮੇਰਾ ਮਨ ਤੇਰੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਵਿਚ ਪਰਚ ਜਾਇਆ ਕਰੇ ।੧।

ਹੇ ਸੋਹਣੇ ਰਾਮ! ਮੈਂ ਤੈਥੋਂ ਸਦਾ ਸਦਕੇ ਹਾਂ; ਤੂੰ ਕਿਸ ਗੱਲੇ ਮੇਰੇ ਨਾਲ ਨਹੀਂ ਬੋਲਦਾ? ।ਰਹਾਉ।

ਰਵਿਦਾਸ ਆਖਦਾ ਹੈ—ਹੇ ਮਾਧੋ! ਕਈ ਜਨਮਾਂ ਤੋਂ ਮੈਂ ਤੈਥੋਂ ਵਿਛੁੜਿਆ ਆ ਰਿਹਾ ਹਾਂ (ਮਿਹਰ ਕਰ, ਮੇਰਾ) ਇਹ ਜਨਮ ਤੇਰੀ ਯਾਦ ਵਿਚ ਬੀਤੇ; ਤੇਰਾ ਦੀਦਾਰ ਕੀਤਿਆਂ ਬੜਾ ਚਿਰ ਹੋ ਗਿਆ ਹੈ, (ਦਰਸ਼ਨ ਦੀ) ਆਸ ਵਿਚ ਹੀ ਮੈਂ ਜੀਊਂਦਾ ਹਾਂ ।੨।੧।

ਭਾਵ:- ਪ੍ਰਭੂ-ਦਰ ਤੇ ਉਸ ਦੇ ਦਰਸ਼ਨ ਕਰਨ ਲਈ ਅਰਦਾਸ ।

ਚਿਤ ਸਿਮਰਨੁ ਕਰਉ ਨੈਨ ਅਵਿਲੋਕਨੋ ਸ੍ਰਵਨ ਬਾਨੀ ਸੁਜਸੁ ਪੂਰਿ ਰਾਖਉ ॥ ਮਨੁ ਸੁ ਮਧੁਕਰੁ ਕਰਉ ਚਰਨ ਹਿਰਦੇ ਧਰਉ ਰਸਨ ਅੰਮ੍ਰਿਤ ਰਾਮ ਨਾਮ ਭਾਖਉ ॥੧॥ ਮੇਰੀ ਪ੍ਰੀਤਿ ਗੋਬਿੰਦ ਸਿਉ ਜਿਨਿ ਘਟੈ ॥ ਮੈ ਤਉ ਮੋਲਿ ਮਹਗੀ ਲਈ ਜੀਅ ਸਟੈ ॥੧॥ ਰਹਾਉ ॥ ਸਾਧਸੰਗਤਿ ਬਿਨਾ ਭਾਉ ਨਹੀ ਊਪਜੈ ਭਾਵ ਬਿਨੁ ਭਗਤਿ ਨਹੀ ਹੋਇ ਤੇਰੀ ॥ ਕਹੈ ਰਵਿਦਾਸੁ ਇਕ ਬੇਨਤੀ ਹਰਿ ਸਿਉ ਪੈਜ ਰਾਖਹੁ ਰਾਜਾ ਰਾਮ ਮੇਰੀ ॥੨॥੨॥ {ਪੰਨਾ 694}

ਪਦਅਰਥ:- ਕਰਉ—ਕਰਉਂ, ਮੈਂ ਕਰਾਂ । ਨੈਨ—ਅੱਖਾਂ ਨਾਲ । ਅਵਿਲੋਕਨੋ—ਮੈਂ ਵੇਖਾਂ । ਸ੍ਰਵਨ—ਕੰਨਾਂ ਵਿਚ । ਸੁਜਸੁ—ਸੋਹਣਾ ਜਸ । ਪੂਰਿ ਰਾਖਉ—ਮੈਂ ਭਰ ਰੱਖਾਂ । ਮਧੁਕਰੁ—ਭੌਰਾ । ਕਰਉ—ਮੈਂ ਬਣਾਵਾਂ । ਰਸਨ—ਜੀਭ ਨਾਲ । ਭਾਖਉ—ਮੈਂ ਉਚਾਰਨ ਕਰਾਂ ।੧।

ਜਿਨਿ—ਮਤਾਂ । ਜਿਨਿ ਘਟੈ—ਮਤਾਂ ਘਟ ਜਾਏ, ਕਿਤੇ ਘਟ ਨਾਹ ਜਾਏ । ਜੀਅ ਸਟੈ—ਜਿੰਦ ਦੇ ਵੱਟੇ ।੧।ਰਹਾਉ।

ਭਾਉ—ਪ੍ਰੇਮ । ਰਾਜਾ ਰਾਮ—ਹੇ ਰਾਜਨ! ਹੇ ਰਾਮ! ਪੈਰ—ਇੱਜ਼ਤ ।੨।

ਅਰਥ:- (ਮੈਨੂੰ ਡਰ ਰਹਿੰਦਾ ਹੈ ਕਿ) ਗੋਬਿੰਦ ਨਾਲ ਮੇਰੀ ਪ੍ਰੀਤ ਕਿਤੇ ਘਟ ਨਾਹ ਜਾਏ, ਮੈਂ ਤਾਂ ਬੜੇ ਮਹਿੰਗੇ

ਮੁੱਲ (ਇਹ ਪ੍ਰੀਤ) ਲਈ ਹੈ, ਜਿੰਦ ਦੇ ਕੇ (ਇਹ ਪ੍ਰੀਤ) ਵਿਹਾਝੀ ਹੈ ।੧।ਰਹਾਉ।

(ਤਾਹੀਏਂ ਮੇਰੀ ਅਰਜ਼ੋਈ ਹੈ ਕਿ) ਮੈਂ ਚਿੱਤ ਨਾਲ ਪ੍ਰਭੂ ਦਾ ਸਿਮਰਨ ਕਰਦਾ ਰਹਾਂ, ਅੱਖਾਂ ਨਾਲ ਉਸ ਦਾ ਦੀਦਾਰ ਕਰਦਾ ਰਹਾਂ, ਕੰਨਾਂ ਵਿਚ ਉਸ ਦੀ ਬਾਣੀ ਤੇ ਉਸ ਦਾ ਸੋਹਣਾ ਜਸ ਭਰੀ ਰੱਖਾਂ, ਆਪਣੇ ਮਨ ਨੂੰ ਭੌਰਾ ਬਣਾਈ ਰੱਖਾਂ, ਉਸ ਦੇ (ਚਰਨ-ਕਮਲ) ਹਿਰਦੇ ਵਿਚ ਟਿਕਾ ਰੱਖਾਂ, ਤੇ, ਜੀਭ ਨਾਲ ਉਸ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਉਚਾਰਦਾ ਰਹਾਂ ।੧।

(ਪਰ ਇਹ) ਪ੍ਰੀਤ ਸਾਧ ਸੰਗਤ ਤੋਂ ਬਿਨਾ ਪੈਦਾ ਨਹੀਂ ਹੋ ਸਕਦੀ, ਤੇ, ਹੇ ਪ੍ਰਭੂ! ਪ੍ਰੀਤ ਤੋਂ ਬਿਨਾ ਤੇਰੀ ਭਗਤੀ ਨਹੀਂ ਹੋ ਆਉਂਦੀ । ਰਵਿਦਾਸ ਪ੍ਰਭੂ ਅੱਗੇ ਅਰਦਾਸ ਕਰਦਾ ਹੈ—ਹੇ ਰਾਜਨ! ਜੇ ਮੇਰੇ ਰਾਮ! (ਮੈਂ ਤੇਰੀ ਸ਼ਰਨ ਆਇਆ ਹਾਂ) ਮੇਰੀ ਲਾਜ ਰੱਖੀਂ ।੨।੨।

ਨੋਟ:- ਪਿਛਲੇ ਸ਼ਬਦ ਅਤੇ ਇਸ ਸ਼ਬਦ ਵਿਚ ਰਵਿਦਾਸ ਜੀ ਪਰਮਾਤਮਾ ਵਾਸਤੇ ਲਫ਼ਜ਼ 'ਰਮਈਆ', 'ਮਾਧਉ', 'ਰਾਮ', 'ਗੋਬਿੰਦ', 'ਰਾਜਾ ਰਾਮ' ਵਰਤਦੇ ਹਨ । ਲਫ਼ਜ਼ 'ਮਾਧਉ' ਤੇ 'ਗੋਬਿੰਦ', ਸ੍ਰੀ ਕ੍ਰਿਸ਼ਨ ਜੀ ਦੇ ਨਾਮ ਹਨ । ਜੇ ਰਵਿਦਾਸ ਜੀ ਸ੍ਰੀ ਰਾਮ ਅਵਤਾਰ ਦੇ ਪੁਜਾਰੀ ਹੁੰਦੇ ਤਾਂ ਕ੍ਰਿਸ਼ਨ ਜੀ ਦੇ ਨਾਮ ਨਾਹ ਵਰਤਦੇ । ਇਹ ਸਾਂਝੇ ਲਫ਼ਜ਼ ਪਰਮਾਤਮਾ ਵਾਸਤੇ ਹੀ ਹੋ ਸਕਦੇ ਹਨ ।

ਸ਼ਬਦ ਦਾ ਭਾਵ:- ਪ੍ਰਭੂ ਨਾਲ ਪ੍ਰੀਤਿ ਕਿਵੇਂ ਕਾਇਮ ਰਹਿ ਸਕਦੀ ਹੈ?—ਸਿਮਰਨ ਅਤੇ ਸਾਧ ਸੰਗਤਿ ਦਾ ਸਦਕਾ ।

ਨਾਮੁ ਤੇਰੋ ਆਰਤੀ ਮਜਨੁ ਮੁਰਾਰੇ ॥ ਹਰਿ ਕੇ ਨਾਮ ਬਿਨੁ ਝੂਠੇ ਸਗਲ ਪਾਸਾਰੇ ॥੧॥ ਰਹਾਉ ॥ ਨਾਮੁ ਤੇਰੋ ਆਸਨੋ ਨਾਮੁ ਤੇਰੋ ਉਰਸਾ ਨਾਮੁ ਤੇਰਾ ਕੇਸਰੋ ਲੇ ਛਿਟਕਾਰੇ ॥ ਨਾਮੁ ਤੇਰਾ ਅੰਭੁਲਾ ਨਾਮੁ ਤੇਰੋ ਚੰਦਨੋ ਘਸਿ ਜਪੇ ਨਾਮੁ ਲੇ ਤੁਝਹਿ ਕਉ ਚਾਰੇ ॥੧॥ ਨਾਮੁ ਤੇਰਾ ਦੀਵਾ ਨਾਮੁ ਤੇਰੋ ਬਾਤੀ ਨਾਮੁ ਤੇਰੋ ਤੇਲੁ ਲੇ ਮਾਹਿ ਪਸਾਰੇ ॥ ਨਾਮ ਤੇਰੇ ਕੀ ਜੋਤਿ ਲਗਾਈ ਭਇਓ ਉਜਿਆਰੋ ਭਵਨ ਸਗਲਾਰੇ ॥੨॥ ਨਾਮੁ ਤੇਰੋ ਤਾਗਾ ਨਾਮੁ ਫੂਲ ਮਾਲਾ ਭਾਰ ਅਠਾਰਹ ਸਗਲ ਜੂਠਾਰੇ ॥ ਤੇਰੋ ਕੀਆ ਤੁਝਹਿ ਕਿਆ ਅਰਪਉ ਨਾਮੁ ਤੇਰਾ ਤੁਹੀ ਚਵਰ ਢੋਲਾਰੇ ॥੩॥ ਦਸ ਅਠਾ ਅਠਸਠੇ ਚਾਰੇ ਖਾਣੀ ਇਹੈ ਵਰਤਣਿ ਹੈ ਸਗਲ ਸੰਸਾਰੇ ॥ ਕਹੈ ਰਵਿਦਾਸੁ ਨਾਮੁ ਤੇਰੋ ਆਰਤੀ ਸਤਿ ਨਾਮੁ ਹੈ ਹਰਿ ਭੋਗ ਤੁਹਾਰੇ ॥੪॥੩॥ {ਪੰਨਾ 694}

ਪਦਅਰਥ:- ਆਰਤੀ—{Skt. Awriq—Waving lights before an image} ਥਾਲ ਵਿਚ ਫੁੱਲ ਰੱਖ ਕੇ ਜਗਦਾ ਦੀਵਾ ਰੱਖ ਕੇ ਚੰਦਨ ਆਦਿਕ ਸੁਗੰਧੀਆਂ ਲੈ ਕੇ ਕਿਸੇ ਮੂਰਤੀ ਅੱਗੇ ਉਹ ਥਾਲ ਹਿਲਾਈ ਜਾਣਾ ਤੇ ਉਸ ਦੀ ਉਸਤਤਿ ਵਿਚ ਭਜਨ ਗਾਉਣੇ—ਇਹ ਉਸ ਮੂਰਤੀ ਦੀ ਆਰਤੀ ਕਹੀ ਜਾਂਦੀ ਹੈ । ਮੁਰਾਰੇ—ਹੇ ਮੁਰਾਰਿ! {ਮੁਰ+ਅਰਿ । ਅਰਿ—ਵੈਰੀ, ਮੁਰ ਦੈਂਤ ਦਾ ਵੈਰੀ । ਕ੍ਰਿਸ਼ਨ ਜੀ ਦਾ ਨਾਮ ਹੈ} ਹੇ ਪਰਮਾਤਮਾ! ਪਾਸਾਰੇ—ਖਿਲਾਰੇ, ਅਡੰਬਰ {ਨੋਟ:- ਉਹਨਾਂ ਅਡੰਬਰਾਂ ਦਾ ਜ਼ਿਕਰ ਬਾਕੀ ਦੇ ਸ਼ਬਦ ਵਿਚ ਹੈ—ਚੰਦਨ ਚੜ੍ਹਾਉਣਾ, ਦੀਵਾ, ਮਾਲਾ, ਨੈਵੇਦ ਦਾ ਭੋਗ} ।੧।ਰਹਾਉ।

ਆਸਨੋ—ਉੱਨ ਆਦਿਕ ਦਾ ਕੱਪੜਾ ਜਿਸ ਤੇ ਬੈਠ ਕੇ ਮੂਰਤੀ ਦੀ ਪੂਜਾ ਕੀਤੀ ਜਾਂਦੀ ਹੈ । ਉਰਸਾ—ਚੰਦਨ ਰਗੜਨ ਵਾਲੀ ਸਿਲ । ਲੇ—ਲੈ ਕੇ । ਛਿਟਕਾਰੇ—ਛਿੜਕਾਈਦਾ ਹੈ । ਅੰਭੁਲਾ—{Skt. ABs—water} ਪਾਣੀ । ਜਪੇ—ਜਪਿ, ਜਪ ਕੇ । ਤੁਝਹਿ ਕਉ—ਤੈਨੂੰ ਹੀ । ਚਾਰੇ—ਚੜ੍ਹਾਈਦਾ ਹੈ ।੧।

ਬਾਤੀ—ਵੱਟੀ (ਦੀਵੇ ਦੀ) । ਮਾਹਿ—ਦੀਵੇ ਮਾਹਿ, ਦੀਵੇ ਵਿਚ । ਪਸਾਰੇ—ਪਾਈਦਾ ਹੈ । ਉਜਿਆਰੋ—ਚਾਨਣ । ਸਗਲਾਰੇ—ਸਾਰੇ । ਭਵਨ—ਭਵਨਾਂ ਵਿਚ, ਮੰਡਲਾਂ ਵਿਚ ।੨।

ਤਾਗਾ—(ਮਾਲਾ ਪਰੋਣ ਲਈ) ਧਾਗਾ । ਭਾਰ ਅਠਾਰਹ—ਸਾਰੀ ਬਨਸਪਤੀ, ਜਗਤ ਦੀ ਸਾਰੀ ਬਨਸਪਤੀ ਦੇ ਹਰੇਕ ਕਿਸਮ ਦੇ ਬੂਟੇ ਦਾ ਇੱਕ ਇੱਕ ਪੱਤਰ ਲੈ ਕੇ ਇਕੱਠੇ ਕੀਤਿਆਂ ੧੮ ਭਾਰ ਬਣਦੇ ਹਨ; ਇੱਕ ਭਾਰ ਪੰਜ ਮਣ ਕੱਚੇ ਦਾ ਹੈ—ਇਹ ਪੁਰਾਣਾ ਖ਼ਿਆਲ ਚਲਿਆ ਆ ਰਿਹਾ ਹੈ । ਜੂਠਾਰੇ—ਜੂਠੇ, ਕਿਉਂਕਿ ਭੌਰੇ ਆਦਿਕਾਂ ਨੇ ਸੁੰਘੇ ਹੋਏ ਹਨ । ਅਰਪਉ—ਮੈਂ ਭੇਟਾ ਕਰਾਂ । ਤੁਹੀ—ਤੈਨੂੰ ਹੀ । ਢੋਲਾਰੇ—ਝੁਲਾਈਦਾ ਹੈ ।੩।

ਦਸ ਅਠਾ—੧੮ ਪੁਰਾਣ । ਅਠਸਠੇ—੬੮ ਤੀਰਥ । ਵਰਤਣਿ—ਨਿੱਤ ਦੀ ਕਾਰ, ਪਰਚਾ । ਭੋਗ—ਨੈਵੇਦ, ਦੁਧ ਖੀਰ ਆਦਿਕ ਦੀ ਭੇਟਾ ।੪।

ਅਰਥ:– ਹੇ ਪ੍ਰਭੂ! (ਅੰਵਾਣ ਲੋਕ ਮੂਰਤੀਆਂ ਦੀ ਆਰਤੀ ਕਰਦੇ ਹਨ, ਪਰ ਮੇਰੇ ਲਈ) ਤੇਰਾ ਨਾਮ (ਤੇਰੀ) ਆਰਤੀ ਹੈ, ਤੇ ਤੀਰਥਾਂ ਦਾ ਇਸ਼ਨਾਨ ਹੈ । (ਹੇ ਭਾਈ!) ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਹੋਰ ਸਾਰੇ ਅਡੰਬਰ ਕੂੜੇ ਹਨ ।੧।ਰਹਾਉ।

ਤੇਰਾ ਨਾਮ (ਮੇਰੇ ਲਈ ਪੰਡਿਤ ਵਾਲਾ) ਆਸਨ ਹੈ (ਜਿਸ ਉੱਤੇ ਬੈਠ ਕੇ ਉਹ ਮੂਰਤੀ ਦੀ ਪੂਜਾ ਕਰਦਾ ਹੈ), ਤੇਰਾ ਨਾਮ ਹੀ (ਚੰਦਨ ਘਸਾਉਣ ਲਈ) ਸਿਲ ਹੈ, (ਮੂਰਤੀ ਪੂਜਣ ਵਾਲਾ ਮਨੁੱਖ ਸਿਰ ਉੱਤੇ ਕੇਸਰ ਘੋਲ ਕੇ ਮੂਰਤੀ ਉੱਤੇ) ਕੇਸਰ ਛਿੜਕਦਾ ਹੈ, ਪਰ ਮੇਰੇ ਲਈ ਤੇਰਾ ਨਾਮ ਹੀ ਕੇਸਰ ਹੈ । ਹੇ ਮੁਰਾਰਿ! ਤੇਰਾ ਨਾਮ ਹੀ ਪਾਣੀ ਹੈ, ਨਾਮ ਹੀ ਚੰਦਨ ਹੈ, (ਇਸ ਨਾਮ-ਚੰਦਨ ਨੂੰ ਨਾਮ-ਪਾਣੀ ਨਾਲ) ਘਸਾ ਕੇ, ਤੇਰੇ ਨਾਮ ਦਾ ਸਿਮਰਨ-ਰੂਪ ਚੰਦਨ ਹੀ ਮੈਂ ਤੇਰੇ ਉੱਤੇ ਲਾਉਂਦਾ ਹਾਂ ।੧।

ਹੇ ਪ੍ਰਭੂ! ਤੇਰਾ ਨਾਮ ਦੀਵਾ ਹੈ, ਨਾਮ ਹੀ (ਦੀਵੇ ਦੀ) ਵੱਟੀ ਹੈ, ਨਾਮ ਹੀ ਤੇਲ ਹੈ, ਜੋ ਲੈ ਕੇ ਮੈਂ (ਨਾਮ-ਦੀਵੇ ਵਿਚ) ਪਾਇਆ ਹੈ; ਮੈਂ ਤੇਰੇ ਨਾਮ ਦੀ ਹੀ ਜੋਤਿ ਜਗਾਈ ਹੈ (ਜਿਸ ਦੀ ਬਰਕਤਿ ਨਾਲ) ਸਾਰੇ ਭਵਨਾਂ ਵਿਚ ਚਾਨਣ ਹੋ ਗਿਆ ਹੈ ।੨।

ਤੇਰਾ ਨਾਮ ਮੈਂ ਧਾਗਾ ਬਣਾਇਆ ਹੈ, ਨਾਮ ਨੂੰ ਹੀ ਮੈਂ ਫੁੱਲ ਤੇ ਫੁੱਲਾਂ ਦੀ ਮਾਲਾ ਬਣਾਇਆ ਹੈ, ਹੋਰ ਸਾਰੀ ਬਨਸਪਤੀ (ਜਿਸ ਤੋਂ ਲੋਕ ਫੁੱਲ ਲੈ ਕੇ ਮੂਰਤੀਆਂ ਅੱਗੇ ਭੇਟ ਧਰਦੇ ਹਨ; ਤੇਰੇ ਨਾਮ ਦੇ ਟਾਕਰੇ ਤੇ) ਜੂਠੀ ਹੈ । (ਇਹ ਸਾਰੀ ਕੁਦਰਤ ਤਾਂ ਤੇਰੀ ਬਣਾਈ ਹੋਈ ਹੈ) ਤੇਰੀ ਪੈਦਾ ਕੀਤੀ ਹੋਈ ਵਿਚੋਂ ਮੈਂ ਤੇਰੇ ਅੱਗੇ ਕੀਹ ਰੱਖਾਂ? (ਸੋ,) ਮੈਂ ਤੇਰਾ ਨਾਮ-ਰੂਪ ਚੌਰ ਹੀ ਤੇਰੇ ਉਤੇ ਝਲਾਉਂਦਾ ਹਾਂ ।੩।

ਭਾਵ:– ਆਰਤੀ ਆਦਿਕ ਦੇ ਅਡੰਬਰ ਕੂੜੇ ਹਨ । ਸਿਮਰਨ ਹੀ ਜ਼ਿੰਦਗੀ ਦਾ ਸਹੀ ਰਸਤਾ ਹੈ ।

ਸਾਰੇ ਸੰਸਾਰ ਦੀ ਨਿੱਤ ਦੀ ਕਾਰ ਤਾਂ ਇਹ ਹੈ ਕਿ (ਤੇਰਾ ਨਾਮ ਭੁਲਾ ਕੇ) ਅਠਾਰਾਂ ਪੁਰਾਣਾਂ ਦੀਆਂ ਕਹਾਣੀਆਂ ਵਿਚ ਪਰਚੇ ਹੋਏ ਹਨ, ਅਠਾਹਠ ਤੀਰਥਾਂ ਦੇ ਇਸ਼ਨਾਨ ਨੂੰ ਹੀ ਪੁੰਨ-ਕਰਮ ਸਮਝ ਬੈਠੇ ਹਨ, ਤੇ, ਇਸ ਤਰ੍ਹਾਂ ਚਾਰ ਖਾਣੀਆਂ ਦੀਆਂ ਜੂਨਾਂ ਵਿਚ ਭਟਕ ਰਹੇ ਹਨ । ਰਵਿਦਾਸ ਆਖਦਾ ਹੈ—ਹੇ ਪ੍ਰਭੂ! ਤੇਰਾ ਨਾਮ ਹੀ (ਮੇਰੇ ਲਈ) ਤੇਰੀ ਆਰਤੀ ਹੈ ਤੇਰੇ ਸਦਾ ਕਾਇਮ ਰਹਿਣ ਵਾਲੇ ਨਾਮ ਦਾ ਹੀ ਭੋਗ ਮੈਂ ਤੈਨੂੰ ਲਾਉਂਦਾ ਹਾਂ ।੪।੩।

ਨੋਟ:– ਜਗਤ ਦੀ ਪੈਦਾਇਸ਼ ਦੇ ਚਾਰ ਵਸੀਲੇ ਮੰਨੇ ਗਏ ਹਨ, ਚਾਰ ਖਾਣਾਂ ਮੰਨੀਆਂ ਗਈਆਂ ਹਨ—ਅੰਡਾ, ਜਿਓਰ, ਸ੍ਵੇਤ, ਉਦਕ । ਅੰਡਜ—ਅੰਡੇ ਤੋਂ ਪੈਦਾ ਹੋਏ ਜੀਵ । ਜੇਰਜ—ਜਿਓਰ ਤੋਂ ਜੰਮੇ ਜੀਵ । ਸੇਤਜ—ਮੁੜ੍ਹਕੇ ਤੋਂ ਪੈਦਾ ਹੋਏ ਜੀਵ । ਉਤਭੁਜ—ਪਾਣੀ ਨਾਲ ਧਰਤੀ ਵਿਚੋਂ ਜੰਮੇ ਹੋਏ ।

ਨੋਟ:– ਇਸ ਆਰਤੀ ਤੋਂ ਸਾਫ਼ ਪਰਗਟ ਹੈ ਕਿ ਰਵਿਦਾਸ ਜੀ ਇੱਕ ਪਰਮਾਤਮਾ ਦੇ ਉਪਾਸ਼ਕ ਹਨ । ਲਫ਼ਜ਼

'ਮੁਰਾਰਿ' (ਜੋ ਕ੍ਰਿਸ਼ਨ ਜੀ ਦਾ ਨਾਮ ਹੈ) ਵਰਤਣ ਤੋਂ ਇਹ ਭੀ ਪ੍ਰਤੱਖ ਹੈ ਕਿ ਉਹ ਸ੍ਰੀ ਰਾਮ ਚੰਦਰ ਜੀ ਦੇ ਉਪਾਸ਼ਕ ਨਹੀਂ ਹਨ, ਜਿਹਾ ਕਿ ਕਈ ਸੱਜਣ ਉਹਨਾਂ ਦੇ ਲਫ਼ਜ਼ "ਰਾਜਾ ਰਾਮ ਚੰਦ" ਵਰਤਣ ਤੋਂ ਸਮਝ ਬੈਠੇ ਹਨ । ਹਰਿ, ਮੁਰਾਰਿ, ਰਾਮ ਆਦਿਕ ਲਫ਼ਜ਼ ਉਹਨਾਂ ਨੇ ਉਸ ਪਰਮਾਤਮਾ ਵਾਸਤੇ ਵਰਤੇ ਹਨ ਜਿਸ ਬਾਰੇ ਉਹ ਕਹਿੰਦੇ ਹਨ "ਤੇਰੋ ਕੀਆ ਤੁਝਹਿ ਕਿਆ ਅਰਪਉ" ।

ਧਨਾਸਰੀ ਬਾਣੀ ਭਗਤਾਂ ਕੀ ਤ੍ਰਿਲੋਚਨ ੴ ਸਤਿਗੁਰ ਪ੍ਰਸਾਦਿ ॥ ਨਾਰਾਇਣ ਨਿੰਦਸਿ ਕਾਇ ਭੂਲੀ ਗਵਾਰੀ ॥ ਦੁਕ੍ਰਿਤੁ ਸੁਕ੍ਰਿਤੁ ਥਾਰੋ ਕਰਮੁ ਰੀ ॥੧॥ ਰਹਾਉ ॥ ਸੰਕਰਾ ਮਸਤਕਿ ਬਸਤਾ ਸੁਰਸਰੀ ਇਸਨਾਨ ਰੇ ॥ ਕੁਲ ਜਨ ਮਧੇ ਮਿਲ੍ਹਿੋ ਸਾਰਗ ਪਾਨ ਰੇ ॥ ਕਰਮ ਕਰਿ ਕਲੰਕੁ ਮਫੀਟਸਿ ਰੀ ॥੧॥ ਬਿਸ੍ਵ ਕਾ ਦੀਪਕੁ ਸ੍ਵਾਮੀ ਤਾ ਚੇ ਰੇ ਸੁਆਰਥੀ ਪੰਖੀ ਰਾਇ ਗਰੁੜ ਤਾ ਚੇ ਬਾਧਵਾ ॥ ਕਰਮ ਕਰਿ ਅਰੁਣ ਪਿੰਗੁਲਾ ਰੀ ॥੨॥ ਅਨਿਕ ਪਾਤਿਕ ਹਰਤਾ ਤ੍ਰਿਭਵਣ ਨਾਥੁ ਰੀ ਤੀਰਥਿ ਤੀਰਥਿ ਭ੍ਰਮਤਾ ਲਹੈ ਨ ਪਾਰੁ ਰੀ ॥ ਕਰਮ ਕਰਿ ਕਪਾਲੁ ਮਫੀਟਸਿ ਰੀ ॥੩॥ ਅੰਮ੍ਰਿਤ ਸਸੀਅ ਧੇਨ ਲਛਿਮੀ ਕਲਪਤਰ ਸਿਖਰਿ ਸੁਨਾਗਰ ਨਦੀ ਚੇ ਨਾਥੰ ॥ ਕਰਮ ਕਰਿ ਖਾਰੁ ਮਫੀਟਸਿ ਰੀ ॥੪॥ ਦਾਧੀਲੇ ਲੰਕਾ ਗੜੁ ਉਪਾੜੀਲੇ ਰਾਵਣ ਬਣੁ ਸਲਿ ਬਿਸਲਿ ਆਣਿ ਤੋਖੀਲੇ ਹਰੀ ॥ ਕਰਮ ਕਰਿ ਕਛਉਟੀ ਮਫੀਟਸਿ ਰੀ ॥੫॥ ਪੂਰਬਲੋ ਕ੍ਰਿਤ ਕਰਮੁ ਨ ਮਿਟੈ ਰੀ ਘਰ ਗੇਹਣਿ ਤਾ ਚੇ ਮੋਹਿ ਜਾਪੀਅਲੇ ਰਾਮ ਚੇ ਨਾਮੰ ॥ ਬਦਤਿ ਤ੍ਰਿਲੋਚਨ ਰਾਮ ਜੀ ॥੬॥੧॥ {ਪੰਨਾ 695}

ਪਦਅਰਥ:- ਨਿੰਦਸਿ ਕਾਇ—ਤੂੰ ਕਿਉਂ ਨਿੰਦਦੀ ਹੈਂ? ਭੂਲੀ ਗਵਾਰੀ—ਹੇ ਭੁੱਲੀ ਹੋਈ ਮੂਰਖ ਜੀਵ-ਇਸਤ੍ਰੀ! ਦੁਕ੍ਰਿਤੁ—ਪਾਪ । ਸੁਕ੍ਰਿਤੁ—ਕੀਤਾ ਹੋਇਆ ਭਲਾ ਕੰਮ । ਥਾਰੋ—ਤੇਰਾ (ਆਪਣਾ) । ਰੀ—ਹੇ (ਜੀਵ-ਇਸਤ੍ਰੀ)! ।੧।ਰਹਾਉ।

ਸੰਕਰਾ ਮਸਤਕਿ—ਸ਼ਿਵ ਦੇ ਮੱਥੇ ਉਤੇ । ਸੁਰਸਰੀ—ਗੰਗਾ । ਰੇ—ਹੇ ਭਾਈ! ਮਧੇ—ਵਿਚ । ਮਿਲ੍ਹਿੋ—ਆ ਕੇ ਮਿਲਿਆ, ਜੰਮਿਆ । ਸਾਰਗਪਾਨ—ਵਿਸ਼ਨੂੰ । ਕਰਮ ਕਰਿ—ਕੀਤੇ ਕਰਮਾਂ ਦੇ ਕਾਰਨ । ਮਫੀਟਸਿ—ਨਾਹ ਫਿੱਟਿਆ, ਨਾਹ ਹਟਿਆ ।੧।

ਬਿਸ੍ਵ—ਸਾਰਾ ਜਗਤ । ਦੀਪਕੁ—ਦੀਵਾ, ਚਾਨਣ ਦੇਣ ਵਾਲਾ । ਰੇ—ਹੇ ਭਾਈ! ਸੁਆਰਥੀ—ਸਾਰਥੀ, ਰਥਵਾਹੀ, ਰਥ ਚਲਾਣ ਵਾਲਾ । ਪੰਖੀ ਰਾਇ—ਪੰਛੀਆਂ ਦਾ ਰਾਜਾ । ਚੇ—ਦੇ । ਬਾਧਵਾ—ਰਿਸ਼ਤੇਦਾਰ । ਅਰੁਣ—ਪ੍ਰਭਾਤ, ਪਹੁ-ਫੁਟਾਲਾ, ਪ੍ਰਭਾਤ ਦੀ ਲਾਲੀ । ਪੁਰਾਣਕ ਕਥਾ ਅਨੁਸਾਰ 'ਅਰੁਣ' ਗਰੁੜ ਦਾ ਵੱਡਾ ਭਰਾ ਸੀ, ਸੂਰਜ ਦਾ ਰਥਵਾਹੀ ਮਿਥਿਆ ਗਿਆ ਹੈ । ਇਹ ਜਮਾਂਦਰੂ ਹੀ ਪਿੰਗਲਾ ਸੀ ।੨।

ਪਾਤਿਕ—ਪਾਪ । ਹਰਤਾ—ਨਾਸ ਕਰਨ ਵਾਲਾ । ਨਾਥੁ—ਖਸਮ । ਤੀਰਥਿ ਤੀਰਥਿ—ਹਰੇਕ ਤੀਰਥ ਉੱਤੇ । ਪਾਰੁ—ਪਾਰਲਾ ਬੰਨਾ, ਖ਼ਲਾਸੀ । ਕਪਾਲੁ—ਖੋਪਰੀ । ਨੋਟ:- ਪੁਰਾਣਕ ਕਥਾ-ਅਨੁਸਾਰ ਬ੍ਰਹਮਾ ਆਪਣੀ ਲੜਕੀ ਸਰਸ੍ਵਤੀ ਉਤੇ ਮੋਹਿਤ ਹੋ ਗਿਆ, ਸ਼ਿਵ ਜੀ ਨੇ ਉਸ ਦਾ ਪੰਜਵਾਂ ਸਿਰ ਕੱਟ ਦਿੱਤਾ; ਸ਼ਿਵ ਜੀ ਤੋਂ ਇਹ ਬ੍ਰਹਮ-ਹੱਤਿਆ ਹੋ ਗਈ, ਉਹ ਖੋਪਰੀ ਹੱਥ ਦੇ ਨਾਲ ਚੰਬੜ ਗਈ; ਕਈ ਤੀਰਥਾਂ ਤੇ ਗਏ, ਆਖ਼ਰ ਕਪਾਲ-ਮੋਚਨ ਤੀਰਥ ਉਤੇ ਜਾ ਕੇ ਲੱਥੀ ।੩।

ਸਸੀਅ—ਚੰਦ੍ਰਮਾ । ਧੇਨ—ਗਾਂ । ਕਲਪ ਤਰ—ਕਲਪ ਰੁੱਖ, ਮਨੋ-ਕਾਮਨਾ ਪੂਰੀ ਕਰਨ ਵਾਲਾ ਰੁੱਖ ।

ਸਿਖਰਿ—{i_Kirn ਭਾਵ, ਲੰਮੇ ਕੰਨਾਂ ਵਾਲਾ aÁc: œvs Long-eared} ਲੰਮੇ ਕੰਨਾਂ ਵਾਲਾ ਸਤ-ਮੂੰਹਾ ਘੋੜਾ, ਜੋ ਸਮੁੰਦਰ ਵਿਚੋਂ ਨਿਕਲਿਆ, ਜਦੋਂ ਸਮੁੰਦਰ ਨੂੰ ਦੇਵਤਿਆਂ ਨੇ ਰਿੜਕਿਆ । ਸੁਨਾਗਰ—ਬੜਾ ਸਿਆਣਾ ਧਨੰਤਰ ਵੈਦ {Skt. DÑvÒqir} । ਨਦੀ ਚੇ—ਨਦੀਆਂ ਦੇ । ਖਾਰੁ—ਖਾਰਾ-ਪਨ ।੪।

ਦਾਧੀਲੇ—ਸਾੜ ਦਿੱਤਾ । ਉਪਾੜੀਲੇ—ਪੁੱਟ ਦਿੱਤਾ । ਬਣੁ—ਬਾਗ਼ । ਸਲਿ ਬਿਸਲਿ—ਸੱਲ ਬਿਸੱਲ {Skt. _ÑX iv_ÑXw} । ਸਲਿ—ਸੱਲ, ਪੀੜ । ਬਿਸਲਿ—ਵਿਸ਼ੱਲ, ਦੂਰ ਕਰਨ ਵਾਲੀ । ਆਣਿ—ਲਿਆ ਕੇ । ਤੋਖੀਲੇ—ਖ਼ੁਸ਼ ਕੀਤਾ ।੫।

ਕ੍ਰਿਤ—ਕੀਤਾ ਹੋਇਆ । ਪੂਰਬਲੇ—ਪਹਿਲਾ, ਪਹਿਲੇ ਜਨਮ ਦਾ । ਘਰ ਗੇਹਣਿ—ਹੇ (ਸਰੀਰ-) ਘਰ ਦੀ ਮਾਲਕ! ਹੇ ਮੇਰੀ ਜਿੰਦੇ! ਤਾ ਚੇ—ਤਾਂ ਤੇ । ਮੋਹਿ—ਮੈਂ ।੬।

ਅਰਥ:- ਹੇ ਭੁੱਲੜ ਮੂਰਖ ਜਿੰਦੇ! ਤੂੰ ਪਰਮਾਤਮਾ ਨੂੰ ਕਿਉਂ ਦੋਸ ਦੇਂਦੀ ਹੈਂ? ਪਾਪ ਪੁੰਨ ਤੇਰਾ ਆਪਣਾ ਕੀਤਾ ਹੋਇਆ ਕੰਮ ਹੈ (ਜਿਸ ਦੇ ਕਾਰਨ ਦੁੱਖ ਸੁਖ ਸਹਾਰਨਾ ਪੈਂਦਾ ਹੈ) ।੧।ਰਹਾਉ।

(ਹੇ ਮੇਰੀ ਜਿੰਦੇ!) ਆਪਣੇ ਕੀਤੇ ਕਰਮਾਂ ਦੇ ਕਾਰਨ (ਚੰਦ੍ਰਮਾ ਦਾ) ਦਾਗ਼ ਨਾਹ ਹਟ ਸਕਿਆ; ਭਾਵੇਂ ਉਹ ਸ਼ਿਵ ਜੀ ਦੇ ਮੱਥੇ ਉੱਤੇ ਵੱਸਦਾ ਹੈ, ਨਿੱਤ ਗੰਗਾ ਵਿਚ ਇਸ਼ਨਾਨ ਕਰਦਾ ਹੈ, ਤੇ ਉਸੇ ਦੀ ਕੁਲ ਵਿਚ ਵਿਸ਼ਨੂ ਜੀ ਨੇ (ਕ੍ਰਿਸ਼ਨ-ਰੂਪ ਧਾਰ ਕੇ) ਜਨਮ ਲਿਆ ।੧।

(ਹੇ ਘਰ-ਗੇਹਣਿ!) ਆਪਣੇ ਕਰਮਾਂ ਕਰਕੇ ਅਰੁਣ ਪਿੰਗਲਾ ਹੀ ਰਿਹਾ, ਭਾਵੇਂ ਸਾਰੇ ਜਗਤ ਨੂੰ ਚਾਨਣ ਦੇਣ ਵਾਲਾ ਸੂਰਜ ਉਸ ਦਾ ਸੁਆਮੀ ਹੈ, ਉਸ ਸੂਰਜ ਦਾ ਉਹ ਰਥਵਾਹੀ ਹੈ, ਤੇ, ਪੰਛੀਆਂ ਦਾ ਰਾਜਾ ਗਰੁੜ ਉਸ ਦਾ ਰਿਸ਼ਤੇਦਾਰ ਹੈ ।੨।

(ਬ੍ਰਹਮ-ਹੱਤਿਆ ਦੇ) ਕੀਤੇ ਕਰਮ ਅਨੁਸਾਰ (ਸ਼ਿਵ ਜੀ ਦੇ ਹੱਥ ਨਾਲੋਂ) ਖੋਪਰੀ ਨਾਹ ਲਹਿ ਸਕੀ, ਭਾਵੇਂ (ਸ਼ਿਵ ਜੀ) ਸਾਰੇ ਜਗਤ ਦਾ ਨਾਥ (ਸਮਝਿਆ ਜਾਂਦਾ) ਹੈ, (ਹੋਰ ਜੀਵਾਂ ਦੇ) ਅਨੇਕਾਂ ਪਾਪਾਂ ਦਾ ਨਾਸ ਕਰਨ ਵਾਲਾ ਹੈ, ਪਰ ਉਹ ਹਰੇਕ ਤੀਰਥ ਉੱਤੇ ਭਟਕਦਾ ਫਿਰਿਆ, ਤਾਂ ਭੀ (ਉਸ ਖੋਪਰੀ ਤੋਂ) ਖ਼ਲਾਸੀ ਨਹੀਂ ਸੀ ਹੁੰਦੀ ।੩।

(ਹੇ ਮੇਰੀ ਜਿੰਦੇ!) ਆਪਣੇ ਕੀਤੇ (ਮੰਦ-ਕਰਮ) ਅਨੁਸਾਰ (ਸਮੁੰਦਰ ਦਾ) ਖਾਰਾ-ਪਨ ਨਹੀਂ ਹਟ ਸਕਿਆ, ਭਾਵੇਂ ਉਹ ਸਾਰੀਆਂ ਨਦੀਆਂ ਦਾ ਨਾਥ ਹੈ ਤੇ ਉਸ ਵਿਚੋਂ ਅੰਮ੍ਰਿਤ, ਚੰਦ੍ਰਮਾ, ਕਾਮਧੇਨ, ਲੱਛਮੀ, ਕਲਪ-ਰੁੱਖ, ਸੱਤ-ਮੂੰਹਾ ਘੋੜਾ, ਧਨੰਤਰੀ ਵੈਦ (ਆਦਿਕ ਚੌਦਾਂ ਰਤਨ) ਨਿਕਲੇ ਸਨ ।੪।

(ਹੇ ਘਰ-ਗੇਹਣਿ!) ਆਪਣੇ ਕੀਤੇ ਕਰਮਾਂ ਦੇ ਅਧੀਨ (ਹਨੂਮਾਨ ਦੇ ਭਾਗਾਂ ਵਿਚੋਂ) ਉਸ ਦੀ ਨਿੱਕੀ ਜਹੀ ਕੱਛ ਨਾਹ ਹਟ ਸਕੀ, ਭਾਵੇਂ ਉਸ ਨੇ (ਸ੍ਰੀ ਰਾਮ ਚੰਦ੍ਰ ਜੀ ਦੀ ਖ਼ਾਤਰ) ਲੰਕਾ ਦਾ ਕਿਲ੍ਹਾ ਸਾੜਿਆ, ਰਾਵਣ ਦਾ ਬਾਗ਼ ਉਜਾੜ ਦਿੱਤਾ, ਸੱਲ ਦੂਰ ਕਰਨ ਵਾਲੀ ਬੂਟੀ ਲਿਆ ਕੇ ਰਾਮ ਚੰਦ੍ਰ ਜੀ ਨੂੰ ਪ੍ਰਸੰਨ ਹੀ ਕੀਤਾ ।੫।

ਹੇ ਮੇਰੀ ਜਿੰਦੇ! ਪਿਛਲਾ ਕੀਤਾ ਕੋਈ ਕਰਮ (ਅਵਤਾਰ-ਪੂਜਾ, ਤੀਰਥ-ਇਸ਼ਨਾਨ ਆਦਿਕ ਦੀ ਰਾਹੀਂ) ਮਿਟਦਾ ਨਹੀਂ; ਤਾਹੀਏਂ ਮੈਂ ਤਾਂ ਪਰਮਾਤਮਾ ਦਾ ਨਾਮ ਹੀ ਸਿਮਰਦਾ ਹਾਂ । ਤ੍ਰਿਲੋਚਨ ਆਖਦਾ ਹੈ ਕਿ ਮੈਂ ਤਾਂ 'ਰਾਮ ਰਾਮ' ਹੀ ਜਪਦਾ ਹਾਂ (ਭਾਵ, ਪਰਮਾਤਮਾ ਦੀ ਓਟ ਹੀ ਲੈਂਦਾ ਹਾਂ ਤੇ ਆਪਣੇ ਕਿਸੇ ਕੀਤੇ ਕਰਮ ਕਰ ਕੇ ਆਏ ਦੁੱਖ ਤੋਂ ਪ੍ਰਭੂ ਨੂੰ ਦੋਸ ਨਹੀਂ ਦੇਂਦਾ) ।੬।੧।

ਜ਼ਰੂਰੀ ਨੋਟ:- ਭਗਤ ਤ੍ਰਿਲੋਚਨ ਜੀ ਜਾਤਿ ਦੇ ਬ੍ਰਾਹਮਣ ਸਨ । ਬ੍ਰਾਹਮਣ-ਆਗੂਆਂ ਦੀ ਚਲਾਈ ਹੋਈ ਪਰਪਾਟੀ ਅਨੁਸਾਰ ਲੋਕ ਅਵਤਾਰ-ਪੂਜਾ ਨੂੰ ਹੀ ਸ੍ਰੇਸ਼ਟ ਭਗਤੀ ਮੰਨ ਰਹੇ ਸਨ; ਅਤੇ ਦਾਨ-ਪੁੰਨ ਤੀਰਥ-ਇਸ਼ਨਾਨ

ਆਦਿਕ ਕੰਮਾਂ ਨੂੰ ਪਾਪਾਂ ਦੀ ਨਿਵਿਰਤੀ ਤੇ ਸੁਰਗ ਆਦਿਕ ਸੁਖਾਂ ਦੀ ਪ੍ਰਾਪਤੀ ਦਾ ਸਾਧਨ ਸਮਝਦੇ ਸਨ ।

ਪਰ ਇਸ ਸ਼ਬਦ ਦੀ ਰਾਹੀਂ ਭਗਤ ਜੀ ਨੇ ਇਹਨਾਂ ਦੋਹਾਂ ਕੰਮਾਂ ਦਾ ਖੰਡਨ ਕੀਤਾ ਹੈ । ਜਿਨ੍ਹਾਂ ਦੇਵਤਿਆਂ ਤੇ ਅਵਤਾਰਾਂ ਦੀ ਪੂਜਾ ਖ਼ਾਸ ਪ੍ਰਚਲਤ ਹੈ, ਉਹਨਾਂ ਦਾ ਜ਼ਿਕਰ ਸ਼ਬਦ ਦੇ ਚਹੁੰਆਂ ਬੰਦਾਂ ਵਿਚ ਕਰ ਕੇ ਆਖਦੇ ਹਨ:-

੧. ਤੁਸੀ ਵਿਸ਼ਨੂ ਦੀ (ਕ੍ਰਿਸ਼ਨ-ਮੂਰਤੀ ਦੀ) ਪੂਜਾ ਕਰਦੇ ਹੋ ਤੇ ਗੰਗਾ ਵਿਚ ਇਸ਼ਨਾਨ ਕਰਨ ਨੂੰ ਪੁੰਨ-ਕਰਮ ਸਮਝਦੇ ਹੋ । ਪਰ ਤੁਸੀ ਇਹ ਭੀ ਦੱਸਦੇ ਹੋ ਕਿ ਆਪਣੀ ਇਸਤ੍ਰੀ ਅਹੱਲਿਆ ਦੇ ਸੰਬੰਧ ਵਿਚ ਗੋਤਮ ਨੇ ਚੰਦ੍ਰਮਾ ਨੂੰ ਦਾਗ਼ ਲਾ ਦਿੱਤਾ ਸੀ, ਇਹ ਦਾਗ਼ ਚੰਦ੍ਰਮਾ ਦੇ ਮੱਥੇ ਉਤੇ ਉਸ ਦੇ ਕੁਕਰਮ ਦਾ ਕਲੰਕ ਹੈ । ਨਿੱਤ ਦਾ ਗੰਗਾ ਦਾ ਇਸ਼ਨਾਨ ਤੇ ਵਿਸ਼ਨੂ ਜੀ ਦਾ (ਕ੍ਰਿਸ਼ਨ ਰੂਪ ਧਾਰ ਕੇ) ਚੰਦ੍ਰਮਾ ਦੀ ਕੁਲ ਵਿਚ ਜੰਮਣਾ ਭੀ ਚੰਦ੍ਰਮਾ ਦੇ ਉਸ ਕਲੰਕ ਨੂੰ ਅਜੇ ਤਕ ਦੂਰ ਨਹੀਂ ਕਰ ਸਕੇ । ਦੱਸੋ; ਗੰਗਾ ਦੇ ਇਸ਼ਨਾਨ ਨਾਲ ਤੇ ਕ੍ਰਿਸ਼ਨ-ਮੂਰਤੀ ਦੀ ਪੂਜਾ ਕਰ ਕੇ ਤੁਹਾਡੇ ਪਾਪ ਤੇ ਕੁਕਰਮ ਕਿਵੇਂ ਧੁਪ ਜਾਣਗੇ?

੨. ਤੁਸੀ ਗਰੁੜ ਨੂੰ ਪੰਛੀਆਂ ਦਾ ਰਾਜਾ ਮੰਨਦੇ ਹੋ, ਤੇ, ਦੁਸਹਿਰੇ ਵਾਲੇ ਦਿਨ ਉਸ ਦਾ ਦਰਸ਼ਨ ਕਰਨ ਲਈ ਦੌੜਦੇ ਫਿਰਦੇ ਹੋ; ਸੂਰਜ ਨੂੰ ਦੇਵਤਾ ਜਾਣ ਕੇ ਹਰ ਸੰਗ੍ਰਾਂਦ ਨੂੰ ਉਸ ਦੀ ਪੂਜਾ ਕਰਦੇ ਹੋ । ਵੇਖੋ, ਤੁਸੀ ਪਿੰਗੁਲੇ ਅਰੁਣ ਨੂੰ ਸੂਰਜ ਦਾ ਰਥਵਾਹੀ ਮੰਨਦੇ ਹੋ, ਤੇ; ਗਰੁੜ ਦਾ ਰਿਸ਼ਤੇਦਾਰ ਸਮਝਦੇ ਹੋ । ਜੇ ਗਰੁੜ ਆਪਣੇ ਰਿਸ਼ਤੇਦਾਰ ਦਾ; ਤੇ, ਸੂਰਜ ਆਪਣੇ ਰਥਵਾਹੀ ਦਾ ਅਜੇ ਤਕ ਪਿੰਗੁਲਾ-ਪਨ ਦੂਰ ਨਹੀਂ ਕਰ ਸਕੇ, ਤਾਂ ਇਹ ਦੋਵੇਂ ਤੁਹਾਡਾ ਕੀਹ ਸਵਾਰਨਗੇ?

੩. ਤੁਸੀ ਇਕ ਟਟੀਹਰੀ ਦੇ ਬੱਚਿਆਂ ਦੀ ਕਰਣੀ ਸੁਣਾ ਕੇ ਦੱਸਦੇ ਹੋ ਕਿ ਟਟੀਹਰੀ ਦੇ ਬੱਚਿਆਂ ਨੂੰ ਰੋੜ੍ਹ ਲੈ ਜਾਣ ਦੇ ਅਪਰਾਧ ਵਿਚ ਸਮੁੰਦਰ ਅੱਜ ਤਕ ਖਾਰਾ ਚਲਿਆ ਆਉਂਦਾ ਹੈ । ਪਰ ਨਾਲ ਹੀ ਤੁਸੀ ਇਹ ਭੀ ਆਖਦੇ ਹੋ ਕਿ ਸਮੁੰਦਰ ਵਿਚੋਂ ਚੌਦਾਂ ਰਤਨ ਨਿਕਲੇ ਸਨ ਜਿਨ੍ਹਾਂ ਵਿਚ ਕਾਮਧੇਨ ਤੇ ਕਲਪ ਰੁੱਖ ਭੀ ਸਨ, ਤੇ, ਸਮੁੰਦਰ ਵਿਚ ਹੀ ਤੁਸੀ ਵਿਸ਼ਨੂ ਜੀ ਦਾ ਨਿਵਾਸ ਭੀ ਦੱਸਦੇ ਹੋ । ਪਰ ਜੇ ਇਹ ਵਿਸ਼ਨੂ ਜੀ ਕਾਮਧੇਨ ਤੇ ਕਲਪਰੁੱਖ ਅਜੇ ਤਕ ਸਮੁੰਦਰ ਦੇ ਅਪਰਾਧ ਦਾ ਅਸਰ ਨਹੀਂ ਮਿਟਾ ਸਕੇ, ਸਮੁੰਦਰ ਦਾ ਖਾਰਾਪਨ ਨਹੀਂ ਦੂਰ ਕਰ ਸਕੇ, ਤਾਂ ਤੁਸੀ ਇਸੇ ਵਿਸ਼ਨੂ ਜੀ ਦੀ ਪੂਜਾ ਵਿਚੋਂ ਕਿਸ ਲਾਭ ਦੀ ਆਸ ਰੱਖਦੇ ਹੋ? ਤੁਸੀ ਪੁੰਨ-ਦਾਨ ਦੇ ਆਸਰੇ ਸੁਰਗ ਵਿਚ ਅੱਪੜ ਕੇ ਇਸੇ ਕਾਮਧੇਨ ਤੇ ਕਲਪਰੁੱਖ ਤੋਂ ਮਨ ਦੀਆਂ ਮੁਰਾਦਾਂ ਕਿਵੇਂ ਪੂਰੀਆਂ ਕਰਾ ਲਵੋਗੇ?

੪. ਤੁਸੀ ਸ੍ਰੀ ਰਾਮ ਚੰਦ੍ਰ ਜੀ ਦੀ ਮੂਰਤੀ ਹੋ, ਤੇ ਆਪ ਹੀ ਆਖਦੇ ਹੋ ਕਿ ਹਨੂੰਮਾਨ ਨੂੰ ਇਹਨਾਂ ਦੀ ਅਤੁੱਟ ਸੇਵਾ ਕਰਨ ਤੇ ਭੀ ਇਕ ਨਿੱਕੀ ਜਿਹੀ ਕੱਛ ਹੀ ਮਿਲੀ । ਕੀ ਤੁਸੀ ਸ੍ਰੀ ਰਾਮ ਚੰਦ੍ਰ ਜੀ ਨੂੰ ਹਨੂੰਮਾਨ ਨਾਲੋਂ ਵਧੀਕ ਪ੍ਰਸੰਨ ਕਰ ਲਵੋਗੇ?

੫. ਜਿਸ ਸ਼ਿਵ ਜੀ ਨੂੰ ਬਲੀ ਦੇਵ ਸਮਝ ਕੇ ਮੰਦਰਾਂ ਵਿਚ ਟਿਕਾਏ ਸ਼ਿਵ ਦੀ ਪੂਜਾ ਕਰਦੇ ਹੋ, ਉਸੇ ਬਾਬਤ ਇਹ ਭੀ ਆਖਦੇ ਹੋ ਕਿ ਜਦੋਂ ਬ੍ਰਹਮਾ ਆਪਣੀ ਹੀ ਲੜਕੀ ਉਤੇ ਮੋਹਿਤ ਹੋ ਗਿਆ, ਤਾਂ ਸ਼ਿਵ ਜੀ ਨੇ ਉਸ ਦਾ ਇਕ ਸਿਰ ਕੱਟ ਦਿੱਤਾ, ਤੇ, ਇਹ ਸਿਰ ਸ਼ਿਵ ਜੀ ਦੇ ਹੱਥ ਨਾਲ ਜੁੜ ਗਿਆ । ਕਈ ਤੀਰਥਾਂ ਤੇ ਭਟਕਦੇ ਫਿਰੇ, ਸਿਰ ਸ਼ਿਵ ਜੀ ਦੇ ਹੱਥ ਨਾਲੋਂ ਲਹਿੰਦਾ ਹੀ ਨਹੀਂ ਸੀ । ਦੱਸੋ, ਜੋ ਸ਼ਿਵ ਜੀ ਆਪ ਇਤਨੇ ਆਤੁਰ ਤੇ ਦੁਖੀ ਹੋਏ, ਤੁਹਾਡਾ ਕੀਹ ਸਵਾਰਨਗੇ?

ਆਪਣੀ ਘਰ-ਗੇਹਣਿ ਨੂੰ, ਜਿੰਦ ਨੂੰ ਸੰਬੋਧਨ ਕਰ ਕੇ ਅਵਤਾਰ-ਪੂਜਾ ਨੂੰ ਸਮਝਾਂਦੇ ਹੋਏ ਤ੍ਰਿਲੋਚਨ ਜੀ ਅਖ਼ੀਰ ਤੇ ਆਖਦੇ ਹਨ ਕਿ ਇੱਕ ਪਰਮਾਤਮਾ ਦੀ ਭਗਤੀ ਹੀ ਪਿਛਲੇ ਕੁਕਰਮਾਂ ਦੇ ਸੰਸਕਾਰ ਮਿਟਾਣ ਦੇ ਸਮਰੱਥ ਹੈ ।

ਤ੍ਰਿਲੋਚਨ ਜੀ ਦੇ ਇਸ ਸ਼ਬਦ ਨੂੰ ਗੁਰਮਤਿ ਨਾਲ ਅਜੁੜਵਾਂ ਸਮਝ ਕੇ ਭਗਤ ਬਾਣੀ ਦੇ ਵਿਰੋਧੀ ਸੱਜਣ ਇਸ ਬਾਰੇ ਇਉਂ ਲਿਖਦੇ ਹਨ—"ਇਸ ਸ਼ਬਦ ਵਿਚ ਪੁਰਾਣਕ ਗੱਲਾਂ ਲਿਖ ਕੇ ਕਰਮਾਂ ਨੂੰ ਪ੍ਰਬਲ ਮੰਨਿਆ ਹੈ, ਪਰੰਤੂ ਸ਼ਿਵ ਜੀ ਦੀਆਂ ਜਟਾਂ ਵਿਚ ਦੀ ਗੰਗਾ ਦਾ ਆਉਣਾ ਅਤੇ ਚੰਦ੍ਰਮਾ ਦਾ ਮੱਥੇ ਤੇ ਹੋਣਾ ਅਤੇ ਗਰੁੜ ਉਤੇ ਵਿਸ਼ਨੂੰ ਦੀ ਸਵਾਰੀ ਹੋਣੀ ਆਦਿ ਦੱਸਿਆ ਹੈ । ਇਹ ਸਭ ਖ਼ਿਆਲ ਸ੍ਰਿਸ਼ਟੀ-ਨਿਯਮ ਤੋਂ ਬਿਲਕੁਲ ਉਲਟ ਹੈ ।

ਅਤੇ

"ਇਹ ਝਗੜਾ ਭਗਤ ਜੀ ਅਤੇ ਉਹਨਾਂ ਦੀ ਇਸਤ੍ਰੀ ਦਾ ਹੈ ਜੋ ਨਾਰਾਇਣ ਦੀ ਨਿੰਦਿਆ ਕਰਦੀ ਹੈ । ਇਸ ਸ਼ਬਦ ਨਾਲ ਲੋਕਾਂ ਨੇ ਰੱਬ ਨੂੰ ਇਹਨਾਂ ਦੇ ਘਰ ਰਸੋਈਆ ਬਣ ਕੇ ਰਹਿਣ ਦੀ ਸਾਖੀ ਘੜੀ ਹੈ ।"

ਅਤੇ

"ਇਹਨਾਂ ਦੇ ਨਾਮ ਨਾਲ ਬਹੁਤ ਸਾਰੀਆਂ ਕਥਾਵਾਂ ਭੀ ਲਾਈਆਂ ਹੋਈਆਂ ਹਨ । ਕਹਿੰਦੇ ਹਨ ਕਿ ਇਹਨਾਂ ਦੇ ਘਰ ਰੱਬ ਰਸੋਈਆ ਬਣ ਕੇ ਰੋਟੀਆਂ ਪਕਾਉਂਦਾ ਰਿਹਾ । ਪਰ ਇਹ ਪੁਰਾਣੇ ਮਨ-ਘੜਤ ਮਸਲੇ ਹਨ ।"

ਉਪਰ-ਦਿੱਤੀ ਲਿਖਤ ਵਿਚੋਂ ਤਿੰਨ ਇਤਰਾਜ਼ ਮਿਲਦੇ ਹਨ—(੧) ਭਗਤ ਜੀ ਨੇ ਕਰਮਾਂ ਨੂੰ ਪ੍ਰਬਲ ਮੰਨਿਆ ਹੈ । (੨) ਸ਼ਬਦ ਵਿਚ ਦਿੱਤੀਆਂ ਗੱਲਾਂ ਦਾ ਖ਼ਿਆਲ ਸ੍ਰਿਸ਼ਟੀ-ਨਿਯਮਾਂ ਦੇ ਬਿਲਕੁਲ ਉਲਟ ਹੈ । (੩) ਰੱਬ ਦੇ ਰਸੋਈਆ ਬਣ ਕੇ ਭਗਤ ਜੀ ਦੇ ਘਰ ਰੋਟੀਆਂ ਪਕਾਣ ਵਾਲੀ ਕਹਾਣੀ ਇਕ ਮਨ-ਘੜਤ ਮਸਲਾ ਹੈ ।

ਇਹਨਾਂ ਇਤਰਾਜ਼ਾਂ ਨੂੰ ਰਤਾ ਧੀਰਜ ਨਾਲ ਵਿਚਾਰੀਏ । ਰੱਬ ਦੇ ਰਸੋਈਆ ਬਣਨ ਵਾਲੀ ਕਹਾਣੀ ਬਿਲਕੁਲ ਮਨ-ਘੜਤ ਹੈ । ਨਾਹ ਹੀ ਇਸ ਦਾ ਇਸ ਸ਼ਬਦ ਨਾਲ ਕੋਈ ਜੋੜ ਦਿੱਸਦਾ ਹੈ । ਸ਼ਬਦ ਵਿਚ ਇਸ ਘੜੀ ਕਹਾਣੀ ਦਾ ਕੋਈ ਰਤਾ ਭੀ ਜ਼ਿਕਰ ਨਹੀਂ ਹੈ, ਲੋਕਾਂ ਨੇ ਇਹ ਕਹਾਣੀ ਘੜ ਲਈ ਹੈ । ਇਹ ਕਹਾਣੀ ਮੰਨੀ ਨਹੀਂ ਜਾ ਸਕਦੀ । ਬੱਸ! ਇਸ ਕਹਾਣੀ ਨੂੰ ਨਾਹ ਮੰਨੀਏ । ਸ਼ਬਦ ਨਾਲ ਰੁੱਸਣ ਦਾ ਕੋਈ ਕਾਰਨ ਨਹੀਂ ਦਿੱਸਦਾ । ਸ਼ਬਦ ਦੇ ਅਰਥ ਦੇ ਹੇਠ ਦਿੱਤੇ ਜ਼ਰੂਰੀ ਨੋਟ ਨੂੰ ਮੁੜ ਗਹੁ ਨਾਲ ਪੜ੍ਹੋ । ਧਾਰਮਿਕ ਆਗੂ ਬ੍ਰਾਹਮਣ ਦੀਆਂ ਚਲਾਈਆਂ ਹੋਈਆਂ ਪੁਰਾਣਕ ਕਹਾਣੀਆਂ ਦਾ ਹਵਾਲਾ ਦੇ ਕੇ ਭਗਤ ਜੀ (ਜੋ ਆਪ ਭੀ ਜਾਤਿ ਦੇ ਬ੍ਰਾਹਮਣ ਹੀ ਹਨ) ਉਹਨਾਂ ਕਹਾਣੀਆਂ ਦੇ ਮੰਨਣ ਵਾਲਿਆਂ ਨੂੰ ਸਮਝਾ ਰਹੇ ਹਨ ਕਿ ਇਸ ਅਵਤਾਰ-ਪੂਜਾ, ਮੂਰਤੀ ਪੂਜਾ ਤੇ ਗੰਗਾ-ਇਸ਼ਨਾਨ ਨੇ ਪਿਛਲੇ ਕੀਤੇ ਕਰਮਾਂ ਦੇ ਸੰਸਕਾਰ ਨਹੀਂ ਮਿਟਾ ਸਕਣੇ । ਜੇ ਪਿਛਲੇ ਬੰਧਨਾਂ ਵਿਚੋਂ ਖ਼ਲਾਸੀ ਦੀ ਲੋੜ ਹੈ ਤਾਂ ਇਕ ਪਰਮਾਤਮਾ ਦਾ ਨਾਮ ਜਪੋ ।

ਇਹ ਖ਼ਿਆਲ ਨਿਰੋਲ ਗੁਰਮਤਿ ਨਾਲ ਰਲਦਾ ਹੈ । ਪੁਰਾਣਕ ਕਹਾਣੀਆਂ ਮੰਨਣ ਵਾਲਿਆਂ ਨੂੰ ਉਹਨਾਂ ਹੀ ਕਹਾਣੀਆਂ ਦਾ ਹਵਾਲਾ ਦੇ ਕੇ ਸਮਝਾਣਾ ਕੋਈ ਮਾੜੀ ਗੱਲ ਨਹੀਂ ਹੈ । ਸਤਿਗੁਰੂ ਜੀ ਨੇ ਆਪ ਭੀ ਸੈਂਕੜੇ ਥਾਈਂ ਅਜਿਹੇ ਹਵਾਲੇ ਦਿੱਤੇ ਹਨ । ਮਿਸਾਲ ਦੇ ਤੌਰ ਤੇ ਵੇਖੋ, ਰਾਮਕਲੀ ਕੀ ਵਾਰ ਮਹਲਾ ੩, ਪਉੜੀ ਨੰ: ੧੪, ਪੰਨਾ ੯੫੩; ਸਲੋਕੁ ਮਹਲਾ ੧:

ਸਹੰਸਰ ਦਾਨ ਦੇਇ ਇੰਦ੍ਰੁ ਰੋਆਇਆ ॥ ਪਰਸ ਰਾਮੁ ਰੋਵੈ ਘਰਿ ਆਇਆ ॥
ਅਜੈ ਸੁ ਰੋਵੈ ਭੀਖਿਆ ਖਾਇ ॥ ਐਸੀ ਦਰਗਹ ਮਿਲੈ ਸਜਾਇ ॥
... ...
ਰੋਵੈ ਜਨਮੇਜਾ ਖੁਇ ਗਇਆ ॥ ਏਕੀ ਕਾਰਣਿ ਪਾਪੀ ਭਇਆ ॥
... ...
... ... ਨਾਨਕ ਦੁਖੀਆ ਸਭੁ ਸੰਸਾਰੁ ।
ਮੰਨੇ ਨਾਉ ਸੋਈ ਜਿਣਿ ਜਾਇ । ਅਉਰੀ ਕਰਮ ਨ ਲੇਖੈ ਲਾਇ ।੧।੧੪।

ਇਥੇ ਕਈ ਪੁਰਾਣਕ ਕਹਾਣੀਆਂ ਦਿੱਤੀਆਂ ਗਈਆਂ ਹਨ । ਇਹਨਾਂ ਕਹਾਣੀਆਂ ਦੇ ਮੰਨਣ ਵਾਲਿਆਂ ਨੂੰ ਇਹਨਾਂ ਕਹਾਣੀਆਂ ਦੀ ਰਾਹੀਂ ਹੀ ਸਮਝਾਂਦੇ ਹਨ ਕਿ "ਮੰਨੇ ਨਾਉ ਸੋਈ ਜਿਣਿ ਜਾਇ" । ਹੂ-ਬ-ਹੂ ਇਹੀ ਤਰੀਕਾ ਭਗਤ ਤ੍ਰਿਲੋਚਨ ਜੀ ਨੇ ਵਰਤਿਆ ਹੈ ।

ਬਾਕੀ ਰਿਹਾ ਇਤਰਾਜ਼ ਕਰਮਾਂ ਦੀ ਪ੍ਰਬਲਤਾ ਦਾ । ਇਸ ਬਾਰੇ ਭੀ ਇੱਕ ਨਹੀਂ, ਸੈਂਕੜੇ ਪ੍ਰਮਾਣ ਗੁਰਬਾਣੀ ਵਿਚ ਮਿਲਦੇ ਹਨ ਕਿ ਕੀਤੇ ਕਰਮਾਂ ਦੇ ਸੰਸਕਾਰ ਮਿਟਾਣ ਲਈ ਇਕੋ ਇੱਕ ਵਸੀਲਾ ਹੈ, ਤੇ, ਉਹ ਹੈ ਪਰਮਾਤਮਾ ਦਾ ਨਾਮ ਸਿਮਰਨਾ । ਮਿਸਾਲ ਦੇ ਤੌਰ ਤੇ ਵੇਖੋ:

(੧) ਨਾਨਕ ਪਇਐ ਕਿਰਤਿ ਕਮਾਵਣਾ ਕੋਇ ਨ ਮੇਟਣਹਾਰੁ ।੨।੧੭। {ਸਲੋਕ ਮ: ੧, ਸੂਹੀ ਕੀ ਵਾਰ ਮ: ੩

(੨) ਨਾਨਕ ਪਇਐ ਕਿਰਤਿ ਕਮਾਵਦੇ ਮਨਮੁਖਿ ਦੁਖੁ ਪਾਇਆ ॥ {ਪਉੜੀ ੧੭, ਸਾਰੰਗ ਕੀ ਵਾਰ

(੩) ਪਇਐ ਕਿਰਤਿ ਕਮਾਵਣਾ ਕੋਇ ਨ ਮੇਟਣਹਾਰ ॥ {ਸੂਹੀ ਮ: ੩, ਘਰੁ ੧੦

(੪) ਪਇਐ ਕਿਰਤਿ ਕਮਾਵਣਾ ਕਹਣਾ ਕਛੂ ਨ ਜਾਇ ।੧।੪। {ਸਲੋਕ ਮ: ੩, ਵਡਹੰਸ ਕੀ ਵਾਰ

(੪) ਪਇਐ ਕਿਰਤਿ ਕਮਾਵਦੇ ਜਿਵ ਰਾਖਹਿ ਤਿਵੈ ਰਹੰਨ੍ਹਿ ।੧।੧੨। {ਸਲੋਕ ਮ: ੩, ਬਿਲਾਵਲ ਕੀ ਵਾਰ

ਘੜੀ ਹੋਈ ਕਹਾਣੀ ਦੇ ਕਾਰਨ ਅਸਾਂ ਸੱਚਾਈ ਤੋਂ ਨਹੀਂ ਰੁੱਸਣਾ । ਭਗਤ ਤ੍ਰਿਲੋਚਨ ਜੀ ਬ੍ਰਾਹਮਣ ਦੇ ਬਣਾਏ ਧਰਮ-ਜਾਲ ਦਾ ਪਾਜ ਖੋਲ੍ਹ ਰਹੇ ਹਨ । ਉਹਨਾਂ ਦੀ ਅਵਾਜ਼ ਨੂੰ ਕਮਜ਼ੋਰ ਕਰਨ ਵਾਸਤੇ ਉਹਨਾਂ ਦੇ ਜੀਵਨ ਨਾਲ ਵਿਅਰਥ ਤੇ ਵਿਰੋਧੀ ਕਹਾਣੀਆਂ ਘੜੀਆਂ ਜਾ ਸਕਦੀਆਂ ਸਨ ।

ਸ੍ਰੀ ਸੈਣੁ ॥ ਧੂਪ ਦੀਪ ਘ੍ਰਿਤ ਸਾਜਿ ਆਰਤੀ ॥ ਵਾਰਨੇ ਜਾਉ ਕਮਲਾ ਪਤੀ ॥੧॥ ਮੰਗਲਾ ਹਰਿ ਮੰਗਲਾ ॥ ਨਿਤ ਮੰਗਲੁ ਰਾਜਾ ਰਾਮ ਰਾਇ ਕੋ ॥੧॥ ਰਹਾਉ ॥ ਊਤਮੁ ਦੀਅਰਾ ਨਿਰਮਲ ਬਾਤੀ ॥ ਤੁਹੀਂ ਨਿਰੰਜਨੁ ਕਮਲਾ ਪਾਤੀ ॥੨॥ ਰਾਮਾ ਭਗਤਿ ਰਾਮਾਨੰਦੁ ਜਾਨੈ ॥ ਪੂਰਨ ਪਰਮਾਨੰਦੁ ਬਖਾਨੈ ॥੩॥ ਮਦਨ ਮੂਰਤਿ ਭੈ ਤਾਰਿ ਗੋਬਿੰਦੇ ॥ ਸੈਨੁ ਭਣੈ ਭਜੁ ਪਰਮਾਨੰਦੇ ॥੪॥੨॥ {ਪੰਨਾ 695}

ਪਦਅਰਥ:- ਘ੍ਰਿਤ—ਘਿਉ । ਸਾਜਿ—ਸਾਜ ਕੇ, ਬਣਾ ਕੇ, ਇਕੱਠੀਆਂ ਕਰ ਕੇ । ਵਾਰਨੇ ਜਾਉ—ਮੈਂ ਸਦਕੇ ਜਾਂਦਾ ਹਾਂ । ਕਮਲਾਪਤੀ—ਲੱਛਮੀ ਦਾ ਪਤੀ ਪਰਮਾਤਮਾ ।੧।

ਮੰਗਲੁ—ਆਨੰਦ, ਸੁਖਦਾਈ ਸੁਲੱਖਣੀ ਮਰਯਾਦਾ । ਰਾਜਾ—ਮਾਲਕ । ਕੋ—ਦਾ (ਭਾਵ, ਦਾ ਬਖ਼ਸ਼ਿਆ ਹੋਇਆ) ।੧।ਰਹਾਉ।

ਦੀਅਰਾ—ਸੋਹਣਾ ਜਿਹਾ ਦੀਵਾ । ਨਿਰਮਲ—ਸਾਫ਼ । ਨਿਰੰਜਨੁ—ਮਾਇਆ ਤੋਂ ਰਹਿਤ ।੨।

ਰਾਮਾ ਭਗਤਿ—ਪਰਮਾਤਮਾ ਦੀ ਭਗਤੀ ਦੀ ਰਾਹੀਂ । ਰਾਮਾਨੰਦੁ—{ਰਾਮ+ਆਨੰਦ} ਪਰਮਾਤਮਾ (ਦੇ ਮੇਲ) ਦਾ ਆਨੰਦ । ਪੂਰਨ—ਸਰਬ-ਵਿਆਪਕ । ਬਖਾਨੈ—ਉਚਾਰਦਾ ਹੈ, ਗੱਲਾਂ ਕਰਦਾ ਹੈ ।੩।

ਮਦਨ ਮੂਰਤਿ—ਉਹ ਮੂਰਤਿ ਜਿਸ ਨੂੰ ਵੇਖ ਕੇ ਮਸਤੀ ਆ ਜਾਏ, ਸੋਹਣੇ ਸਰੂਪ ਵਾਲਾ । ਭੈ ਤਾਰਿ—ਡਰਾਂ ਤੋਂ ਪਾਰ ਲੰਘਾਉਣ ਵਾਲਾ । ਗੋਬਿੰਦ—{ਗੋ-ਸ੍ਰਿਸ਼ਟੀ । ਬਿੰਦ—ਜਾਨਣਾ, ਸਾਰ ਲੈਣੀ} ਸ੍ਰਿਸ਼ਟੀ ਦੀ ਸਾਰ ਲੈਣ ਵਾਲਾ । ਭਣੈ—ਆਖਦਾ ਹੈ । ਭਜੁ—ਸਿਮਰ । ਪਰਮਾਨੰਦੇ—ਪਰਮ ਅਨੰਦ ਮਾਣਨ ਵਾਲੇ ਨੂੰ ।੪।

ਅਰਥ:– ਹੇ ਮਾਇਆ ਦੇ ਮਾਲਕ ਪ੍ਰਭੂ! ਮੈਂ ਤੈਥੋਂ ਸਦਕੇ ਜਾਂਦਾ ਹਾਂ (ਤੈਥੋਂ ਸਦਕੇ ਜਾਣਾ ਹੀ) ਧੂਪ ਦੀਵੇ ਤੇ ਘਿਉ (ਆਦਿਕ) ਸਮੱਗ੍ਰੀ ਇਕੱਠੇ ਕਰ ਕੇ ਤੇਰੀ ਆਰਤੀ ਕਰਨੀ ਹੈ ।੧।

ਹੇ ਹਰੀ! ਹੇ ਰਾਜਨ! ਹੇ ਰਾਮ! ਤੇਰੀ ਮਿਹਰ ਨਾਲ (ਮੇਰੇ ਅੰਦਰ) ਸਦਾ (ਤੇਰੇ ਨਾਮ-ਸਿਮਰਨ ਦਾ) ਅਨੰਦ ਮੰਗਲ ਹੋ ਰਿਹਾ ਹੈ ।੧।ਰਹਾਉ।

ਹੇ ਕਮਲਾਪਤੀ! ਤੂੰ ਨਿਰੰਜਨ ਹੀ ਮੇਰੇ ਲਈ (ਆਰਤੀ ਕਰਨ ਲਈ) ਸੋਹਣਾ ਚੰਗਾ ਦੀਵਾ ਤੇ ਸਾਫ਼ ਸੁਥਰੀ ਵੱਟੀ ਹੈਂ ।੨।

ਜੋ ਮਨੁੱਖ ਸਰਬ-ਵਿਆਪਕ ਪਰਮ ਆਨੰਦ-ਰੂਪ ਪ੍ਰਭੂ ਦੇ ਗੁਣ ਗਾਂਦਾ ਹੈ, ਉਹ ਪ੍ਰਭੂ ਦੀ ਭਗਤੀ ਦੀ ਬਰਕਤਿ ਨਾਲ ਉਸ ਦੇ ਮਿਲਾਪ ਦਾ ਆਨੰਦ ਮਾਣਦਾ ਹੈ ।੩।

ਸੈਣ ਆਖਦਾ ਹੈ—(ਹੇ ਮੇਰੇ ਮਨ!) ਉਸ ਪਰਮ-ਆਨੰਦ ਪਰਮਾਤਮਾ ਦਾ ਸਿਮਰਨ ਕਰ, ਜੋ ਸੋਹਣੇ ਸਰੂਪ ਵਾਲਾ ਹੈ, ਜੋ (ਸੰਸਾਰ ਦੇ) ਡਰਾਂ ਤੋਂ ਪਾਰ ਲੰਘਾਣ ਵਾਲਾ ਹੈ ਤੇ ਜੋ ਸ੍ਰਿਸ਼ਟੀ ਦੀ ਸਾਰ ਲੈਣ ਵਾਲਾ ਹੈ ।੪।੨।

ਨੋਟ:- ਇਸ ਸ਼ਬਦ ਨੂੰ ਗੁਰਮਤਿ ਦੇ ਉਲਟ ਸਮਝਣ ਦਾ ਭੁਲੇਖਾ ਖਾ ਕੇ ਵਿਰੋਧੀ ਸੱਜਣ ਜੀ ਨੇ ਇਸ ਬਾਰੇ ਇਉਂ ਲਿਖਿਆ ਹੈ:

"ਉਕਤ ਸ਼ਬਦ ਦੁਆਰਾ ਭਗਤ ਜੀ ਨੇ ਆਪਣੇ ਗੁਰੂ ਗੁਸਾਈਂ ਰਾਮਾਨੰਦ ਜੀ ਅੱਗੇ ਆਰਤੀ ਉਤਾਰੀ ਹੈ । ('ਮਦਨ ਮੂਰਤਿ' ਵਿਸ਼ਨੂ ਜੀ ਹਨ, ਭਗਤ ਜੀ ਪੱਕੇ ਵੈਸ਼ਨਵ ਸਨ) ਪਰੰਤੂ ਗੁਰਮਤਿ ਅੰਦਰ 'ਗਗਨ ਮੈ ਥਾਲੁ' ਵਾਲੇ ਸ਼ਬਦ ਵਿਚ ਭਗਤ ਵਾਲੀ ਆਰਤੀ ਦਾ ਖੰਡਨ ਹੈ । ਦੀਵੇ ਮਚਾ ਕੇ ਆਰਤੀ ਕਰਨ ਵਾਲੇ ਮਹਾ ਅਗਿਆਨੀ ਦੱਸੇ ਹਨ । ਨਾਲ ਲੱਗਦੇ ਇਹ ਭੀ ਹੁਕਮ ਹੈ 'ਕਿਸਨ ਬਿਸਨ ਕਬਹੂੰ ਨ ਧਿਆਊ' । ਇਸ ਕਰ ਕੇ ਸਾਬਤ ਹੋਇਆ ਕਿ ਭਗਤ ਸੈਣ ਜੀ ਦੀ ਰਚਨਾ ਗੁਰੂ-ਆਸ਼ੇ ਦੇ ਉੱਕੀ ਵਿਰੁੱਧ ਹੈ ।"

ਇਸ ਸ਼ਬਦ ਨੂੰ ਗੁਰਮਤਿ ਦੇ ਵਿਰੁੱਧ ਸਮਝਣ ਵਾਲੇ ਸੱਜਣ ਜੀ ਨੇ ਭਗਤ ਜੀ ਬਾਰੇ ਤਿੰਨ ਗੱਲਾਂ ਦੱਸੀਆਂ ਹਨ— (੧) ਇਸ ਸ਼ਬਦ ਦੀ ਰਾਹੀਂ ਸੈਣ ਜੀ ਨੇ ਆਪਣੇ ਗੁਰੂ ਰਾਮਾਨੰਦ ਜੀ ਦੀ ਆਰਤੀ ਉਤਾਰੀ ਹੈ । (੨) ਭਗਤ ਜੀ ਪੱਕੇ ਵੈਸ਼ਨੋ ਸਨ । (੩) ਦੀਵੇ ਮਚਾ ਕੇ ਆਰਤੀ ਕਰਨ ਵਾਲਾ ਮਹਾਂ ਅਗਿਆਨੀ ਹੈ ।

ਪਰ ਅਚਰਜ ਗੱਲ ਇਹ ਹੈ ਕਿ ਇਸ ਸ਼ਬਦ ਵਿਚ ਇਹਨਾਂ ਤਿੰਨਾਂ ਦੂਸ਼ਣਾਂ ਵਿਚੋਂ ਇੱਕ ਭੀ ਨਹੀਂ ਲੱਭਦਾ । ਵਿਚਾਰ ਕੇ ਵੇਖੀਏ:

(੧) ਜਿਸ ਦੀ ਉਸਤਤਿ ਇੱਥੇ ਕਰ ਰਹੇ ਹਨ, ਉਸ ਵਾਸਤੇ ਸੈਣ ਜੀ ਨੇ ਹੇਠ-ਲਿਖੇ ਲਫ਼ਜ਼ ਵਰਤੇ ਹਨ— ਕਮਲਾਪਤੀ, ਹਰਿ, ਰਾਜਾ ਰਾਮ, ਨਿਰੰਜਨ, ਪੂਰਨ, ਪਰਮਾਨੰਦ, ਮਦਨ-ਮੂਰਤਿ, ਭੈ-ਤਾਰਿ, ਗੋਬਿੰਦ । ਇਹਨਾਂ ਲਫ਼ਜ਼ਾਂ ਵਿਚ ਸੈਣ ਜੀ ਦੇ ਗੁਰੂ ਦਾ ਕੋਈ ਜ਼ਿਕਰ ਨਹੀਂ ਹੈ ।

ਇਉਂ ਜਾਪਦਾ ਹੈ ਕਿ ਸ਼ੱਕ ਕਰਨ ਵਾਲੇ ਸੱਜਣ ਨੇ ਸ਼ਬਦ ਦੇ ਤੀਜੇ ਬੰਦ ਵਿਚ ਵਰਤੇ ਲਫ਼ਜ਼ 'ਰਾਮਾਨੰਦ' ਤੋਂ ਉਕਾਈ ਖਾਧੀ ਹੈ । ਇਸ ਤੁਕ ਦਾ ਅਰਥ ਇਉਂ ਹੈ—ਜੋ ਮਨੁੱਖ ਸਰਬ ਵਿਆਪਕ ਪਰਮ ਆਨੰਦ-ਸਰੂਪ ਪ੍ਰਭੂ ਦੇ ਗੁਣ ਗਾਂਦਾ ਹੈ, ਉਹ ਪ੍ਰਭੂ ਦੀ ਭਗਤੀ ਦੀ ਬਰਕਤਿ ਨਾਲ ਉਸ ਰਾਮ ਦੇ ਮਿਲਾਪ ਦਾ ਆਨੰਦ ਮਾਣਦਾ ਹੈ (ਵੇਖੋ ਸ਼ਬਦ ਦੇ ਨਾਲ ਦਿੱਤੇ ਪਦ-ਅਰਥਾਂ ਨੂੰ) ।

(੨) ਲਫ਼ਜ਼ 'ਮਦਨ ਮੂਰਤਿ' ਦੇ ਵਰਤਣ ਤੋਂ, ਭਗਤ ਜੀ ਨੂੰ ਵੈਸ਼ਨਵ ਸਮਝਣ ਵਿਚ ਭੀ ਉਕਾਈ ਹੀ ਖਾਧੀ ਗਈ ਹੈ । ਲਫ਼ਜ਼ 'ਮਦਨ' ਦਾ ਅਰਥ ਹੈ 'ਖੇੜਾ, ਖ਼ੁਸ਼ੀ, ਹੁਲਾਰਾ ਪੈਦਾ ਕਰਨ ਵਾਲਾ' (ਵੇਖੋ ਪਦ-ਅਰਥ) ।

(੩) ਸ਼ਬਦ ਦੇ ਬੰਦ ਨੰ: ੧ ਅਤੇ ੨ ਤੋਂ ਸੈਣ ਜੀ ਨੂੰ ਦੀਵੇ ਮਚਾ ਕੇ ਆਰਤੀ ਕਰਨ ਵਾਲਾ ਸਮਝਿਆ ਗਿਆ ਹੈ, ਪਰ ਉਹ ਤਾਂ ਆਖਦੇ ਹਨ—ਹੇ ਕਮਲਾਪਤੀ! ਮੈਂ ਤੈਥੋਂ ਸਦਕੇ ਜਾਂਦਾ ਹਾਂ, ਇਹੀ ਧੂਪ, ਦੀਵੇ ਤੇ ਘਿਉ (ਆਦਿਕ) ਸਮੱਗ੍ਰੀ ਇਕੱਠੀ ਕਰ ਕੇ ਤੇਰੀ ਆਰਤੀ ਕਰਨੀ ਹੈ ।੧। ਹੇ ਕਮਲਾਪਤੀ! ਤੂੰ ਨਿਰੰਜਨ ਹੀ ਮੇਰੇ ਵਾਸਤੇ (ਆਰਤੀ ਕਰਨ ਲਈ) ਸੋਹਣਾ ਚੰਗਾ ਦੀਵਾ ਤੇ ਸਾਫ਼-ਸੁਥਰੀ ਵੱਟੀ ਹੈਂ ।੨।

ਸੋ, ਘਟ ਤੋਂ ਘਟ ਇਸ ਸ਼ਬਦ ਤੋਂ ਤਾਂ ਇਹ ਸਾਬਤ ਨਹੀਂ ਹੁੰਦਾ ਕਿ ਭਗਤ ਸੈਣ ਜੀ ਦੀ ਰਚਨਾ ਗੁਰੂ ਆਸ਼ੇ ਦੇ ਕਿਤੇ ਰਤਾ ਭੀ ਵਿਰੁੱਧ ਹੈ ।

ਪੀਪਾ ॥ ਕਾਯਉ ਦੇਵਾ ਕਾਇਅਉ ਦੇਵਲ ਕਾਇਅਉ ਜੰਗਮ ਜਾਤੀ ॥ ਕਾਇਅਉ ਧੂਪ ਦੀਪ ਨਈਬੇਦਾ ਕਾਇਅਉ ਪੂਜਉ ਪਾਤੀ ॥੧॥ ਕਾਇਆ ਬਹੁ ਖੰਡ ਖੋਜਤੇ ਨਵ ਨਿਧਿ ਪਾਈ ॥ ਨਾ ਕਛੁ ਆਇਬੋ ਨਾ ਕਛੁ ਜਾਇਬੋ ਰਾਮ ਕੀ ਦੁਹਾਈ ॥੧॥ ਰਹਾਉ ॥ ਜੋ ਬ੍ਰਹਮੰਡੇ ਸੋਈ ਪਿੰਡੇ ਜੋ ਖੋਜੈ ਸੋ ਪਾਵੈ ॥ ਪੀਪਾ ਪ੍ਰਣਵੈ ਪਰਮ ਤਤੁ ਹੈ ਸਤਿਗੁਰੁ ਹੋਇ ਲਖਾਵੈ ॥੨॥੩॥ {ਪੰਨਾ 695}

ਪਦਅਰਥ:- ਕਾਯਉ—ਕਾਯਾ ਹੀ, ਕਾਇਆਂ ਹੀ, ਸਰੀਰ । ਕਾਇਅਉ—ਕਾਇਆ ਹੀ । ਦੇਵਲ—{Skt. d|v+Aw|X} ਦੇਵਾਲਾ, ਮੰਦਰ । ਜੰਗਮ—ਸ਼ਿਵ-ਉਪਾਸ਼ਕ ਰਮਤੇ ਜੋਗੀ, ਜਿਨ੍ਹਾਂ ਨੇ ਸਿਰ ਉਤੇ ਮੋਰਾਂ ਦੇ ਖੰਭ ਬੱਧੇ ਹੁੰਦੇ ਹਨ । ਜਾਤੀ—ਜਾਤ੍ਰੀ । ਨਈਬੇਦਾ—ਦੁੱਧ ਦੀ ਖੀਰ ਆਦਿਕ ਸੁਆਦਲੇ ਭੋਜਨ, ਜੋ ਮੂਰਤੀ ਦੀ ਭੇਟ ਕੀਤੇ ਜਾਣ । ਪੂਜਉ—ਮੈਂ ਪੂਜਦਾ ਹਾਂ । ਪਤੀ—ਪੱਤਰ (ਆਦਿਕ ਭੇਟ ਧਰ ਕੇ) ।੧।

ਬਹੁ ਖੰਡ—ਦੇਸ ਦੇਸਾਂਤਰ । ਨਵ ਨਿਧਿ—(ਨਾਮ-ਰੂਪ) ਨੌ ਖ਼ਜ਼ਾਨੇ । ਆਇਬੋ—ਜੰਮੇਗਾ । ਜਾਇਬੋ—ਮਰੇਗਾ । ਦੁਹਾਈ—ਤੇਜ ਪ੍ਰਤਾਪ ।੧।ਰਹਾਉ।

ਪਿੰਡੇ—ਸਰੀਰ ਵਿਚ । ਪਾਵੈ—ਲੱਭ ਲੈਂਦਾ ਹੈ । ਪ੍ਰਣਵੈ—ਬੇਨਤੀ ਕਰਦਾ ਹੈ । ਪਰਮ ਤਤੁ—ਪਰਮ ਆਤਮਾ, ਪਰਮਾਤਮਾ, ਸਭ ਤੋਂ ਵੱਡੀ ਅਸਲੀਅਤ, ਪਰਲੇ ਤੋਂ ਪਰਲਾ ਤੱਤ, ਸ੍ਰਿਸ਼ਟੀ ਦਾ ਅਸਲ ਸੋਮਾ । ਲਖਾਵੈ—ਜਣਾਉਂਦਾ ਹੈ ।੨।੧।

ਅਰਥ:- ਦੇਸ ਦੇਸਾਂਤਰਾਂ ਨੂੰ ਖੋਜ ਕੇ (ਆਖ਼ਰ ਆਪਣੇ) ਸਰੀਰ ਦੇ ਅੰਦਰ ਹੀ ਮੈਂ ਪ੍ਰਭੂ ਦਾ ਨਾਮ-ਰੂਪ ਨੌ ਨਿਧੀ ਲੱਭ ਲਈ ਹੈ, (ਹੁਣ ਮੇਰੀ ਕਾਇਆਂ ਵਿਚ) ਪਰਮਾਤਮਾ (ਦੀ ਯਾਦ) ਦਾ ਹੀ ਤੇਜ-ਪ੍ਰਤਾਪ ਹੈ, (ਉਸ ਦੀ ਬਰਕਤਿ ਨਾਲ ਮੇਰੇ ਲਈ) ਨਾ ਕੁਝ ਜੰਮਦਾ ਹੈ ਨਾਹ ਮਰਦਾ ਹੈ (ਭਾਵ, ਮੇਰਾ ਜਨਮ ਮਰਨ ਮਿਟ ਗਿਆ ਹੈ) ।੧।ਰਹਾਉ।

(ਸੋ) ਕਾਇਆਂ (ਦੀ ਖੋਜ) ਹੀ ਮੇਰਾ ਦੇਵਤਾ ਹੈ (ਜਿਸ ਦੀ ਮੈਂ ਆਰਤੀ ਕਰਨੀ ਹੈ), ਸਰੀਰ (ਦੀ ਖੋਜ) ਹੀ ਮੇਰਾ ਮੰਦਰ ਹੈ (ਜਿਥੇ ਮੈਂ ਸਰੀਰ ਅੰਦਰ ਵੱਸਦੇ ਪ੍ਰਭੂ ਦੀ ਆਰਤੀ ਕਰਦਾ ਹਾਂ), ਕਾਇਆਂ (ਦੀ ਖੋਜ) ਹੀ ਮੈਂ ਜੰਗਮ ਅਤੇ ਜਾਤ੍ਰੂ ਲਈ (ਤੀਰਥ ਦੀ ਜਾਤ੍ਰਾ ਹੈ) । ਸਰੀਰ (ਦੀ ਖੋਜ) ਹੀ (ਮੇਰੇ ਵਾਸਤੇ ਮੇਰੇ ਅੰਦਰ ਵੱਸਦੇ ਦੇਵਤੇ ਲਈ) ਧੂਪ ਦੀਪ ਤੇ ਨੈਵੇਦ ਹੈ, ਕਾਇਆ ਦੀ ਖੋਜ (ਕਰ ਕੇ) ਹੀ, ਮੈਂ ਮਾਨੋ, ਪੱਤਰ ਭੇਟ ਰੱਖ ਕੇ (ਆਪਣੇ ਅੰਦਰ ਵੱਸਦੇ ਇਸ਼ਟ ਦੇਵ ਦੀ) ਪੂਜਾ ਕਰ ਰਿਹਾ ਹਾਂ ।੧।

ਪੀਪਾ ਬੇਨਤੀ ਕਰਦਾ ਹੈ—ਜੋ ਸ੍ਰਿਸ਼ਟੀ ਦਾ ਰਚਣਹਾਰ ਪਰਮਾਤਮਾ ਸਾਰੇ ਬ੍ਰਹਮੰਡ ਵਿਚ (ਵਿਆਪਕ) ਹੈ ਉਹੀ (ਮਨੁੱਖਾ) ਸਰੀਰ ਵਿਚ ਹੈ, ਜੋ ਮਨੁੱਖ ਖੋਜ ਕਰਦਾ ਹੈ ਉਹ ਉਸ ਨੂੰ ਲੱਭ ਲੈਂਦਾ ਹੈ, ਜੇ ਸਤਿਗੁਰੂ ਮਿਲ ਪਏ ਤਾਂ (ਅੰਦਰ ਹੀ) ਦਰਸ਼ਨ ਕਰਾ ਦੇਂਦਾ ਹੈ ।੨।੧।

ਨੋਟ:– ਮੂਰਤੀ–ਪੂਜਾ ਦੇ ਘੁੱਪ ਹਨੇਰੇ ਵਿਚ ਕਿਤੇ ਟਾਵੇਂ ਟਾਵੇਂ ਪ੍ਰਭੂ–ਸਿਮਰਨ ਦੀ ਇਹ ਲੋ ਹੋ ਰਹੀ ਸੀ । ਸਤਿਗੁਰੂ ਨਾਨਕ ਦੇਵ ਜੀ ਨੇ ਭਾਰਤ ਦੇ ਸਾਰੇ ਉਹ ਅਸਥਾਨ ਫਿਰ ਕੇ ਵੇਖੇ ਜੋ ਧਰਮ–ਪ੍ਰਚਾਰ ਦਾ ਸੋਮਾ ਅਖਵਾਂਦੇ ਸਨ । ਇਹ ਭਗਤ ਆਪੋ ਆਪਣੇ ਵਤਨ ਵਿਚ ਬੈਠੇ ਕੁਰਾਹੇ ਜਾ ਰਹੇ ਬੰਦਿਆਂ ਨੂੰ ਪ੍ਰਭੂ–ਭਗਤੀ ਦਾ ਚਾਨਣ ਦੇਣ ਦੇ ਜਤਨ ਕਰਦੇ ਰਹੇ । ਇਹ ਹੋ ਨਹੀਂ ਸੀ ਸਕਦਾ ਕਿ ਰੱਬੀ ਨੂਰ ਦੇ ਆਸ਼ਿਕ ਸਤਿਗੁਰੂ ਜੀ ਦੀਆਂ ਨਜ਼ਰਾਂ ਤੋਂ ਉਹ ਚਾਨਣ, ਜਿਸ ਨੂੰ ਉਹ ਆਪ ਪਿਆਰ ਕਰਨ ਵਾਲੇ ਸਨ, ਉਹਲੇ ਰਹਿ ਜਾਂਦਾ, ਜਦੋਂ ਕਿ ਉਹ ਸਾਰੇ ਭਾਰਤ ਵਿਚ ਇਹੀ ਚਾਨਣ ਅਪੜਾਣ ਲਈ ਪੂਰੇ ਅੱਠ ਸਾਲ ਕਈ ਔਖ ਸਹਾਰ ਸਹਾਰ ਕੇ ਫਿਰਦੇ ਰਹੇ ।

ਨੋਟ:– ਇਸ ਸ਼ਬਦ ਵਿਚ ਭਗਤ ਪੀਪਾ ਜੀ ਮੂਰਤੀ–ਪੂਜਾ ਦਾ ਖੰਡਨ ਕਰਦੇ ਹਨ ਤੇ ਆਖਦੇ ਹਨ ਕਿ ਮੰਦਰ ਵਿਚ ਅਸਥਾਪਨ ਕੀਤੇ ਦੇਵਤੇ ਨੂੰ ਧੂਪ, ਦੀਵੇ ਤੇ ਨਈਵੇਦ ਪੱਤ੍ਰ ਆਦਿਕਾਂ ਦੀ ਭੇਟ ਰੱਖ ਕੇ ਪੂਜਣ ਦੇ ਥਾਂ ਸਰੀਰ–ਮੰਦਰ ਵਿਚ ਵੱਸਦੇ ਰਾਮ ਨੂੰ ਸਿਮਰੋ ।

ਹਰੇਕ ਸ਼ਬਦ ਦਾ ਮੁੱਖ ਭਾਵ 'ਰਹਾਉ' ਦੀ ਤੁਕ ਵਿਚ ਹੋਇਆ ਕਰਦਾ ਹੈ । ਸੋ, 'ਰਹਾਉ' ਦੀ ਤੁਕ ਤੋਂ ਸ਼ੁਰੂ ਕੀਤਿਆਂ ਭਗਤ ਪੀਪਾ ਜੀ ਦੇ ਸ਼ਬਦ ਦਾ ਭਾਵ ਇਉਂ ਬਣਦਾ ਹੈ—ਜਿਸ ਮਨੁੱਖ ਦੇ ਸਰੀਰ ਵਿਚ ਰਾਮ ਦੀ ਯਾਦ ਦੀ ਦੁਹਾਈ ਮੱਚ ਜਾਂਦੀ ਹੈ, ਉਹ ਦੇਸ ਦੇਸਾਂਤਰਾਂ ਦੇ ਤੀਰਥਾਂ ਤੇ ਮੰਦਰਾਂ ਵਲ ਭਟਕਣ ਦੇ ਥਾਂ ਰਾਮ ਨੂੰ ਆਪਣੇ ਸਰੀਰ ਵਿਚ ਹੀ ਲੱਭ ਲੈਂਦਾ ਹੈ । ਸੋ, ਉਸ ਰਾਮ ਨੂੰ ਆਪਣੇ ਸਰੀਰ ਦੇ ਅੰਦਰ ਲੱਭੋ, ਇਹੀ ਅਸਲ ਦੇਵਤੇ ਦੀ ਭਾਲ ਹੈ, ਇਹੀ ਅਸਲ ਮੰਦਰ ਹੈ, ਇਹੀ ਅਸਲ ਪੂਜਾ ਹੈ । ਪਰ ਉਸ ਪਰਮ–ਤੱਤ (ਪਰਮਾਤਮਾ) ਨੂੰ ਨਿਰਾ ਆਪਣੇ ਸਰੀਰ ਵਿਚ ਹੀ ਨਾਹ ਸਮਝ ਰੱਖਣਾ, ਸਾਰੇ ਬ੍ਰਹਮੰਡ ਵਿਚ ਭੀ ਉਹੀ ਵੱਸਦਾ ਵੇਖੋ । ਇਹ ਸੂਝ ਸਤਿਗੁਰੂ ਪਾਸੋਂ ਮਿਲਦੀ ਹੈ ।

ਭਗਤ ਜੀ ਨੇ ਇਸ ਸ਼ਬਦ ਵਿਚ ਹੇਠ–ਲਿਖੀਆਂ ਚਾਰ ਗੱਲਾਂ ਤੇ ਜ਼ੋਰ ਦਿੱਤਾ ਹੈ—(੧) ਪਰਮਾਤਮਾ ਦੀ ਯਾਦ, ਸਾਧਾਰਨ ਯਾਦ ਨਹੀਂ ਸਗੋਂ ਪਰਮਾਤਮਾ ਦੀ ਦੁਹਾਈ ਪਰਮਾਤਮਾ ਦੀ ਤੀਬਰ ਯਾਦ; (੨) ਪਰਮਾਤਮਾ ਦੀ ਯਾਦ ਹੀ ਅਸਲੀ ਦੇਵ–ਪੂਜਾ ਹੈ; (੩) ਉਹ ਪਰਮਾਤਮਾ ਹਰੇਕ ਮਨੁੱਖ ਦੇ ਅੰਦਰ ਵੱਸਦਾ ਹੈ, ਸਾਰੀ ਸ੍ਰਿਸ਼ਟੀ ਵਿਚ ਭੀ ਵੱਸਦਾ ਹੈ, ਤੇ ਸਾਰੀ ਸ੍ਰਿਸ਼ਟੀ ਦਾ ਰਚਣਹਾਰਾ ਹੈ; (੪) ਸਤਿਗੁਰੂ ਹੀ ਪਰਮਾਤਮਾ ਨਾਲ ਮਿਲਾਪ ਕਰਾ ਸਕਦਾ ਹੈ ।

ਪਰ ਵਿਰੋਧੀ ਸੱਜਣ ਜੀ ਇਸ ਸ਼ਬਦ ਨੂੰ ਗੁਰਮਤਿ ਦੇ ਉਲਟ ਸਮਝਦੇ ਹੋਏ ਇਸ ਬਾਰੇ ਇਉਂ ਲਿਖਦੇ ਹਨ:–

"ਇਹ ਸ਼ਬਦ ਵੇਦਾਂਤ ਮਤ ਦਾ ਹੈ ਅਰੁ ਗੋਸਾਈਂ ਰਾਮਾਨੰਦ ਜੀ ਦੀ ਰਚਨਾ ਨਾਲ ਮਿਲਦਾ ਜੁਲਦਾ ਹੈ, ਮਾਨੋ, ਦੋਵੇਂ ਸ਼ਬਦ ਇੱਕ ਦੀ ਰਚਨਾ ਹਨ । ਭਗਤ ਜੀ ਕਾਇਆਂ ਵਿਚ ਰੱਬ ਮੰਨਦੇ ਹਨ । ਮੈਂ ਬ੍ਰਹਮ ਹਾਂ (ਅਹੰ ਬ੍ਰਹਮ ਅਸਮੀ) ਦਾ ਸਿੱਧਾਂਤ ਹੈ । ਇਸ ਸ਼ਬਦ ਅੰਦਰ ਪ੍ਰੇਮਾ ਭਗਤੀ ਦਾ ਲੇਸ ਬਿਲਕੁਲ ਨਹੀਂ, ਕੇਵਲ ਗਿਆਨ ਵਿਚਾਰ ਚਰਚਾ ਹੈ । ਵੇਦਾਂਤੀ ਮੂੰਹ ਜ਼ਬਾਨੀ ਲੇਖਾ ਪੱਤਾ ਨਿਬੇੜ ਕੇ ਆਪਣੇ ਆਪ ਨੂੰ ਹੀ ਰੱਬ ਕਲਪਤ ਕਰਦੇ ਹਨ, ਪਰ ਗੁਰਮਤਿ ਅੰਦਰ ਇਸ ਆਸ਼ੇ ਦਾ ਪੂਰਨ ਤੌਰ ਪਰ ਖੰਡਨ ਹੈ । ਵੇਦਾਂਤ ਮਤ ਹਉਮੈ ਹੰਕਾਰ ਦੀ ਗਠੜੀ ਹੈ । ਗੁਰਮਤਿ ਅਤੇ ਵੇਦਾਂਤ ਮਤ ਵਿਚ ਦਿਨ ਰਾਤ ਦਾ ਫ਼ਰਕ ਹੈ ।"

ਸ਼ਬਦ ਦੇ ਵਿਰੁੱਧ ਉਸ ਸੱਜਣ ਜੀ ਨੇ ਦੋ ਇਤਰਾਜ਼ ਕੀਤੇ ਹਨ—(੧) ਇਹ ਸ਼ਬਦ ਵੇਦਾਂਤ ਮਤ ਦਾ ਹੈ, ਭਗਤ ਜੀ ਕਾਇਆਂ ਵਿਚ ਰੱਬ ਮੰਨਦੇ ਹਨ, 'ਮੈਂ ਬ੍ਰਹਮ ਹਾਂ' ਦਾ ਸਿੱਧਾਂਤ ਹੈ । (੨) ਇਸ ਸ਼ਬਦ ਅੰਦਰ ਪ੍ਰੇਮਾ ਭਗਤੀ ਦਾ ਲੇਸ ਬਿਲਕੁਲ ਨਹੀਂ ।

ਇਤਰਾਜ਼ ਕਰਨ ਵਾਲੇ ਸੱਜਣ ਜੀ ਨੇ ਇਤਰਾਜ਼ ਕਰਨ ਵਿਚ ਕੁਝ ਕਾਹਲੀ ਕਰ ਵਿਖਾਈ ਹੈ । ਇਹਨਾਂ ਨੂੰ ਤਾਂ 'ਪ੍ਰੇਮਾ ਭਗਤੀ ਦਾ ਲੇਸ' ਭੀ ਨਹੀਂ ਲੱਭਾ, ਪਰ ਭਗਤ ਜੀ ਨੇ 'ਰਹਾਉ' ਦੀ ਤੁਕ ਵਿਚ ਸ਼ਬਦ ਦਾ ਮੁੱਖ ਭਾਵ

ਹੀ ਇਹ ਆਖਿਆ ਹੈ ਕਿ ਮੰਦਰ ਵਿਚ ਜਾ ਕੇ ਮੂਰਤੀ-ਪੂਜਾ ਕਰਨ ਦੇ ਥਾਂ ਆਪਣੇ ਸਰੀਰ ਦੇ ਅੰਦਰ "ਰਾਮ ਕੀ ਦੁਹਾਈ" ਮਚਾ ਦਿਉ, ਇਤਨੀ ਤੀਬਰ ਯਾਦ ਵਿਚ ਜੁੜੋ ਕਿ ਕਿਸੇ ਅਨ-ਪੂਜਾ ਦਾ ਫੁਰਨਾ ਉੱਠੇ ਹੀ ਨਾਹ, ਅੰਦਰ ਰਾਮ ਹੀ ਰਾਮ ਦੀ ਲਿਵ ਬਣ ਜਾਏ ।

ਇਤਰਾਜ਼ ਕਰਨ ਵਾਲੇ ਸੱਜਣ ਜੀ ਨੂੰ ਇਥੇ ਵੇਦਾਂਤ ਮਤ ਦਿੱਸਿਆ ਹੈ, ਪਰ ਭਗਤ ਜੀ ਨੇ ਆਪਣੇ ਰੱਬ ਬਾਰੇ ਤਿੰਨ ਗੱਲਾਂ ਸਾਫ਼ ਆਖੀਆਂ ਹਨ—ਉਹ ਰੱਬ ਮਨੁੱਖਾ ਸਰੀਰ ਵਿਚ ਵੱਸਦਾ ਹੈ, ਉਹ ਪ੍ਰਭੂ ਸਾਰੇ ਬ੍ਰਹਮੰਡ ਵਿਚ ਵੱਸਦਾ ਹੈ, ਤੇ ਉਹ ਪਰਮਾਤਮਾ "ਪਰਮ ਤਤੁ" ਹੈ, ਭਾਵ ਸਾਰੀ ਰਚਨਾ ਦਾ ਮੂਲ-ਕਾਰਨ ਹੈ, ਬ੍ਰਹਮੰਡ ਵਿਚ ਨਿਰਾ ਵੱਸਦਾ ਹੀ ਨਹੀਂ ਹੈ, ਬ੍ਰਹਮੰਡ ਨੂੰ ਬਨਾਣ ਵਾਲਾ ਭੀ ਹੈ ।

ਚੰਗਾ ਹੋਵੇ ਜੇ ਅਸੀ ਕਿਸੇ ਪੱਖ-ਪਾਤ ਵਿਚ ਆ ਕੇ ਕਾਹਲੀ ਨਾਲ ਮੂੰਹ ਨਾਹ ਮੋੜਦੇ ਜਾਈਏ । ਸਮਾ ਦੇ ਕੇ ਸਹਿਜੇ ਸਹਿਜੇ ਸਾਂਝ ਪਾਓ, ਇਸ ਸ਼ਬਦ ਵਿਚ ਤੇ ਗੁਰਮਤਿ ਵਿਚ ਕੋਈ ਫ਼ਰਕ ਨਹੀਂ ਦਿੱਸੇਗਾ ।

ਧੰਨਾ ॥ ਗੋਪਾਲ ਤੇਰਾ ਆਰਤਾ ॥ ਜੋ ਜਨ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ ॥੧॥ ਰਹਾਉ ॥ ਦਾਲਿ ਸੀਧਾ ਮਾਗਉ ਘੀਉ ॥ ਹਮਰਾ ਖੁਸੀ ਕਰੈ ਨਿਤ ਜੀਉ ॥ ਪਨੑੀਆ ਛਾਦਨੁ ਨੀਕਾ ॥ ਅਨਾਜੁ ਮਗਉ ਸਤ ਸੀ ਕਾ ॥੧॥ ਗਊ ਭੈਸ ਮਗਉ ਲਾਵੇਰੀ ॥ ਇਕ ਤਾਜਨਿ ਤੁਰੀ ਚੰਗੇਰੀ ॥ ਘਰ ਕੀ ਗੀਹਨਿ ਚੰਗੀ ॥ ਜਨੁ ਧੰਨਾ ਲੇਵੈ ਮੰਗੀ ॥੨॥੪॥ {ਪੰਨਾ 695}

ਪਦਅਰਥ:- ਆਰਤਾ—ਲੋੜਵੰਦਾ, ਦੁਖੀਆ, ਮੰਗਤਾ {Skt. Awq} ।੧।ਰਹਾਉ।

ਸੀਧਾ—ਆਟਾ । ਮਾਗਉ—ਮੰਗਦਾ ਹਾਂ । ਜੀਉ—ਜਿੰਦ, ਮਨ । ਪਨੑੀਆ—ਜੁੱਤੀ {Skt. apwnh } । ਛਾਦਨੁ—ਕਪੜਾ । ਨੀਕਾ—ਸੋਹਣਾ । ਸਤ ਸੀ ਕਾ ਅਨਾਜ—ਸੱਤ ਸੀਆਂ ਵਾਲਾ ਅੰਨ, ਉਹ ਅੰਨ ਜੋ ਪੈਲੀ ਨੂੰ ਸੱਤ ਵਾਰੀ ਵਾਹ ਕੇ ਪੈਦਾ ਕੀਤਾ ਹੋਵੇ ।੧।

ਲਾਵੇਰੀ—ਦੁੱਧ ਦੇਣ ਵਾਲੀ । ਤਾਜਨਿ ਤੁਰੀ—ਅਰਬੀ ਘੋੜੀ । ਗੀਹਨਿ—{Skt. gihnI} ਇਸਤ੍ਰੀ । ਮੰਗੀ—ਮੰਗਿ, ਮੰਗ ਕੇ ।੨।

ਅਰਥ:- ਹੇ ਪ੍ਰਿਥਵੀ ਦੇ ਪਾਲਣ ਵਾਲੇ ਪ੍ਰਭੂ! ਮੈਂ ਤੇਰੇ ਦਰ ਦਾ ਮੰਗਤਾ ਹਾਂ (ਮੇਰੀਆਂ ਲੋੜਾਂ ਪੂਰੀਆਂ ਕਰ); ਜੋ ਜੋ ਮਨੁੱਖ ਤੇਰੀ ਭਗਤੀ ਕਰਦੇ ਹਨ ਤੂੰ ਉਹਨਾਂ ਦੇ ਕੰਮ ਸਿਰੇ ਚਾੜ੍ਹਦਾ ਹੈਂ ।੧।ਰਹਾਉ।

ਮੈਂ (ਤੇਰੇ ਦਰ ਤੋਂ) ਦਾਲ, ਆਟਾ ਤੇ ਘਿਉ ਮੰਗਦਾ ਹਾਂ, ਜੋ ਮੇਰੀ ਜਿੰਦ ਨੂੰ ਨਿੱਤ ਸੁਖੀ ਰੱਖੇ, ਜੁੱਤੀ ਤੇ ਸੋਹਣਾ ਕੱਪੜਾ ਭੀ ਮੰਗਦਾ ਹਾਂ, ਤੇ ਸੱਤਾਂ ਸੀਆਂ ਦਾ ਅੰਨ ਭੀ (ਤੈਥੋਂ ਹੀ) ਮੰਗਦਾ ਹਾਂ ।੧।

ਹੇ ਗੋਪਾਲ! ਮੈਂ ਗਾਂ ਮਹਿੰ ਲਵੇਰੀ (ਭੀ) ਮੰਗਦਾ ਹਾਂ, ਤੇ ਇਕ ਚੰਗੀ ਅਰਬੀ ਘੋੜੀ ਭੀ ਚਾਹੀਦੀ ਹੈ । ਮੈਂ ਤੇਰਾ ਦਾਸ ਧੰਨਾ ਤੈਥੋਂ ਮੰਗ ਕੇ ਘਰ ਦੀ ਚੰਗੀ ਇਸਤ੍ਰੀ ਭੀ ਲੈਂਦਾ ਹਾਂ ।੨।੧।

ਨੋਟ:- ਸੰਸਕ੍ਰਿਤ ਲਫ਼ਜ਼ 'ਆਰਤ' {Awq} ਦਾ ਅਰਥ ਹੈ 'ਦੁਖੀਆ, ਲੋੜਵੰਦ' । 'ਰਹਾਉ' ਦੀ ਤੁਕ ਅਤੇ ਬਾਕੀ ਦੇ ਸਾਰੇ ਸ਼ਬਦ ਨੂੰ ਗਹੁ ਨਾਲ ਪੜ੍ਹਿਆਂ ਭੀ ਇਹੀ ਗੱਲ ਸਿੱਧ ਹੁੰਦੀ ਹੈ ਕਿ ਪ੍ਰਭੂ ਦੇ ਦਰ ਤੋਂ ਰੋਜ਼ਾਨਾ ਜੀਵਨ ਦੀਆਂ ਲੋੜਾਂ ਹੀ ਮੰਗ ਰਹੇ ਹਨ । ਲਫ਼ਜ਼ "ਗੋਪਾਲ"—ਵਿਚ ਭੀ ਇਹੀ ਇਸ਼ਾਰਾ ਮਿਲਦਾ ਹੈ (ਭਾਵ, ਧਰਤੀ ਨੂੰ ਪਾਲਣ ਵਾਲਾ) ।

ਪਰ ਚੂੰਕਿ ਲਫ਼ਜ਼ 'ਆਰਤੀ' ਨਾਲ ਲਫ਼ਜ਼ 'ਆਰਤਾ' ਮਿਲਦਾ ਜੁਲਦਾ ਹੈ, ਇਸ ਵਾਸਤੇ ਇਸ ਸ਼ਬਦ ਨੂੰ ਭੀ

'ਆਰਤੀ' ਵਾਲੇ ਸ਼ਬਦਾਂ ਦੇ ਨਾਲ ਹੀ ਧਨਾਸਰੀ ਰਾਗ ਵਿਚ ਦਰਜ ਕੀਤਾ ਗਿਆ ਹੈ, ਉਂਞ 'ਆਰਤੀ' ਬਾਰੇ ਇਸ ਵਿਚ ਕੋਈ ਜ਼ਿਕਰ ਨਹੀਂ ਹੈ, ਕਿਉਂਕਿ 'ਆਰਤੀ' ਵਿਚ ਫੁੱਲ, ਦੀਵੇ ਆਦਿਕ ਦਾ ਹੋਣਾ ਜ਼ਰੂਰੀ ਹੈ ।

ਨੋਟ:- ਭਗਤ-ਬਾਣੀ ਨੂੰ ਗੁਰਮਤਿ ਦੇ ਵਿਰੁੱਧ ਸਮਝਣ ਵਾਲਾ ਵੀਰ ਭਗਤ ਧੰਨਾ ਜੀ ਬਾਰੇ ਇਉਂ ਲਿਖਦਾ ਹੈ— "ਭਗਤ ਧੰਨਾ ਜੀ ਦੇ ਪਿਤਾ ਦਾ ਨਾਮ ਮਾਹੀ ਸੀ । ਇਹਨਾਂ ਦਾ ਵਤਨ ਇਲਾਕਾ ਮਾਰਵਾੜ ਸੀ । ਆਪ ਮਮੂਲੀ ਜ਼ਿਮੀਦਾਰ ਸਨ । ਕਿਸੇ ਬ੍ਰਾਹਮਣ ਪਾਸੋਂ ਸਾਲਗਰਾਮ ਲੈ ਕੇ ਪੂਜਾ ਕਰਨ ਲੱਗਾ । ਜਦੋਂ ਕੁਝ ਫਲ ਪਰਾਪਤ ਨਾਹ ਹੋਇਆ, ਅੰਤ ਉਸੀ ਬ੍ਰਾਹਮਣ ਨੂੰ ਜਾ ਕੇ ਸਾਲਗਰਾਮ ਮੋੜ ਦਿੱਤਾ । ਕਹਿਣ ਲੱਗਾ ਕਿ ਸਾਲਗਰਾਮ ਮੇਰੇ ਨਾਲ ਗੁੱਸੇ ਹੈ, ਮੇਰੀ ਰੋਟੀ ਨਹੀਂ ਖਾਂਦਾ । ਬ੍ਰਾਹਮਣ ਨੇ ਅਸਲ ਗੱਲ ਦੱਸੀ ਕਿ ਭਾਈ! ਇਹ ਤਾਂ ਪੱਥਰ ਹੈ, ਇਹ ਖਾਂਦਾ ਪੀਂਦਾ ਕੁਝ ਨਹੀਂ, ਰੱਬ ਤਾਂ ਹੋਰ ਹੈ ।

"ਇਸ ਗੱਲ ਦਾ ਅਸਰ ਧੰਨਾ ਜੀ ਦੇ ਦਿਲ ਉੱਤੇ ਕਾਫ਼ੀ ਹੋਇਆ । ਆਖ਼ਰ ਆਪ ਰਾਮਾਨੰਦ ਜੀ ਦੀ ਮੰਡਲੀ ਨਾਲ ਰਲ ਗਏ । ਇਹਨਾਂ ਦੇ ਸੰਬੰਧ ਦੇ ਵਿਚ ਕਈ ਅਣਬਣ ਜਿਹੀਆਂ ਕਥਾਵਾਂ ਹਨ ਕਿ ਆਪ ਰੱਬ ਨਾਲ ਗੱਲਾਂ ਕੀਤਾ ਕਰਦੇ ਸੀ, ਤੇ ਉਸ ਪਾਸੋਂ ਪਸ਼ੂ ਚਰਾਉਂਦੇ ।"

ਇਸ ਸ਼ਬਦ ਬਾਰੇ ਵਿਰੋਧੀ ਸੱਜਣ ਜੀ ਲਿਖਦੇ ਹਨ:- ਉਕਤ ਸ਼ਬਦ ਅੰਦਰ ਭਗਤ ਜੀ ਨੇ ਆਪਣੇ ਗੁਰੂ ਤੋਂ ਗਊ, ਇਸਤ੍ਰੀ, ਘੋੜੀ ਆਦਿ ਮੰਗਾਂ ਮੰਗੀਆਂ ਹਨ । ਇਸ ਕਿਸਮ ਦਾ ਇਕ ਸ਼ਬਦ ਕਬੀਰ ਜੀ ਨੇ ਭੀ ਲਿਖਿਆ ਹੈ । ਇਹ ਸ਼ਬਦ ਉਸੀ ਦਾ ਅਨੁਵਾਦ ਰੂਪ ਹੈ, ਪਰ ਇਹ ਸਿੱਧਾਂਤ ਗੁਰਮਤ ਸਿੱਧਾਂਤ ਦੀ ਵਿਰੋਧਤਾ ਕਰਦਾ ਹੈ । ਸਤਿਗੁਰੂ ਸਾਹਿਬਾਨ ਦਾ ਸਿੱਧਾਂਤ ਇਹ ਹੈ:-

ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ, ਕਾਹੇ ਮਨ ਭਉ ਕਰਿਆ ॥
ਕਾਹੇ ਰੇ ਮਨ ਚਿਤਵਹਿ ਉਦਮੁ, ਜਾ ਆਹਰਿ ਹਰਿ ਜੀਉ ਪਰਿਆ ॥
ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ ਧਰਿਆ ॥ {ਗੂਜਰੀ ਮ: ੫

ਅਕਾਲ ਪੁਰਖ ਅਣਮੰਗਿਆਂ ਰੋਜ਼ੀ ਦਹਿੰਦ ਹੈ । ਪਰੰਤੂ ਉੱਦਮ ਦੇ ਸਾਧਨ ਕਰਨੇ ਮਾਨੁੱਖੀ ਪਰਮ ਧਰਮ ਹੈ ।

ਪਰ ਜਿਸ ਸ਼ਬਦ ਦਾ ਹਵਾਲਾ ਵਿਰੋਧੀ ਸੱਜਣ ਜੀ ਨੇ ਦਿੱਤਾ ਹੈ, ਉਸ ਵਿਚ ਤਾਂ ਰੋਜ਼ੀ ਦੇ ਤੌਖ਼ਲੇ ਕਰਨ ਵੱਲੋਂ ਰੋਕਿਆ ਹੈ । ਇਹ ਤਾਂ ਕਿਤੇ ਭੀ ਨਹੀਂ ਕਿਹਾ ਗਿਆ ਕਿ ਪਰਮਾਤਮਾ ਦੇ ਦਰ ਤੋਂ ਮੰਗਣਾ ਕੁਝ ਭੀ ਨਹੀਂ । ਇਹ ਤਾਂ ਠੀਕ ਹੈ ਕਿ ਉਹ ਅਣ-ਮੰਗਿਆ ਦਾਨ ਦੇਂਦਾ ਹੈ । ਪਰ ਫਿਰ ਭੀ ਉਸ ਦੇ ਦਰ ਤੋਂ ਦੁਨੀਆਵੀ ਚੀਜ਼ਾਂ ਮੰਗਣ ਦੀ ਮਨਾਹੀ ਕਿਤੇ ਨਹੀਂ ਕੀਤੀ ਗਈ । ਸਗੋਂ ਅਨੇਕਾਂ ਐਸੇ ਸ਼ਬਦ ਮਿਲਦੇ ਹਨ, ਜਿਨ੍ਹਾਂ ਦੀ ਰਾਹੀਂ ਪਰਮਾਤਮਾ ਦੇ ਦਰ ਤੋਂ ਦੁਨੀਆਵੀ ਮੰਗਾਂ ਭੀ ਮੰਗੀਆਂ ਗਈਆਂ ਹਨ । ਹਾਂ, ਇਹ ਹੁਕਮ ਕੀਤਾ ਗਿਆ ਹੈ ਕਿ ਦਾਤਾਰ ਪ੍ਰਭੂ ਤੋਂ ਬਿਨਾ ਕਿਸੇ ਹੋਰ ਦੇ ਦਰ ਤੋਂ ਨਾਹ ਮੰਗੋ ।

"ਮਾਂਗਉ ਰਾਮ ਤੇ ਸਭਿ ਥੋਕ ॥
ਮਾਨੁਖ ਕਉ ਜਾਚਤ ਸ੍ਰਮੁ ਪਾਈਐ, ਪ੍ਰਭ ਕੈ ਸਿਮਰਨਿ ਮੋਖ ॥ਰਹਾਉ ।੫੦॥" {ਧਨਾਸਰੀ ਮ: ੫

"ਮੈ ਤਾਣੁ ਦੀਬਾਣੁ ਤੂ ਹੈ ਮੇਰੇ ਸੁਆਮੀ, ਮੈ ਤੁਧੁ ਆਗੈ ਅਰਦਾਸਿ ॥
ਮੈ ਹੋਰੁ ਥਾਉ ਨਾਹੀ ਜਿਸੁ ਪਹਿ ਕਰਉ ਬੇਨੰਤੀ, ਮੇਰਾ ਦੁਖੁ ਸੁਖੁ ਤੁਧ ਹੀ ਪਾਸਿ ॥੨॥੧॥੧੨॥" {ਸੂਹੀ ਮ: ੪

ਸਿੱਖ ਦੀ ਸਰਧਾ ਤਾਂ ਇਹ ਹੈ ਕਿ ਦੁਨੀਆ ਦਾ ਹਰੇਕ ਕਾਰ-ਵਿਹਾਰ ਸ਼ੁਰੂ ਕਰਨ ਲੱਗਿਆਂ ਉਸ ਦੀ ਸਫਲਤਾ ਵਾਸਤੇ ਪ੍ਰਭੂ-ਦਰ ਤੇ ਅਰਦਾਸਿ ਕਰਨੀ ਹੈ । ਸਿੱਖ ਵਿਦਿਆਰਥੀ ਇਮਤਿਹਾਨ ਦੇਣ ਜਾ ਰਿਹਾ ਹੈ, ਤੁਰਨ

ਲੱਗਿਆਂ ਅਰਦਾਸਿ ਕਰੇ । ਸਿੱਖ ਸਫ਼ਰ ਵਿਚ ਚੱਲਿਆ ਹੈ, ਅਰਦਾਸਿ ਕਰ ਕੇ ਤੁਰੇ । ਸਿੱਖ ਆਪਣਾ ਰਿਹਾਇਸ਼ੀ ਮਕਾਨ ਬਣਵਾਣ ਲੱਗਾ ਹੈ, ਨੀਂਹ ਰੱਖਣ ਵੇਲੇ ਪਹਿਲਾਂ ਅਰਦਾਸਿ ਕਰੇ । ਹਰੇਕ ਦੁਖੁ ਸੁਖ ਵੇਲੇ ਸਿੱਖ ਅਰਦਾਸਿ ਕਰੇ । ਜਦੋਂ ਕੋਈ ਰੋਗ ਆਦਿਕ ਬਿਪਤਾ ਪ੍ਰਭੂ ਦੀ ਮਿਹਰ ਨਾਲ ਦੂਰ ਹੁੰਦੀ ਹੈ, ਤਦੋਂ ਭੀ ਸਿੱਖ ਸ਼ੁਕਰਾਨੇ ਵਜੋਂ ਅਰਦਾਸਿ ਕਰੇ । ਕੀ ਇਹ ਸਾਰਾ ਉੱਦਮ ਗੁਰਮਤਿ ਦੇ ਵਿਰੁੱਧ ਹੈ? ਬਾਣੀ ਵਿਚ ਹੁਕਮ ਤਾਂ ਇਹੀ ਹੈ:-

ਕੀਤਾ ਲੋੜੀਐ ਕੰਮੁ, ਸੁ ਹਰਿ ਪਹਿ ਆਖੀਐ ॥
ਕਾਰਜੁ ਦੇਇ ਸਵਾਰਿ, ਸਤਿਗੁਰ ਸਚੁ ਸਾਖੀਐ ॥੨੦॥ {ਸਿਰੀ ਰਾਗ ਕੀ ਵਾਰ

ਜੈਤਸਰੀ ਮਹਲਾ ੪ ਘਰੁ ੧ ਚਉਪਦੇ ੴ ਸਤਿਗੁਰ ਪ੍ਰਸਾਦਿ ॥ ਮੇਰੈ ਹੀਅਰੈ ਰਤਨੁ ਨਾਮੁ ਹਰਿ ਬਸਿਆ ਗੁਰਿ ਹਾਥੁ ਧਰਿਓ ਮੇਰੈ ਮਾਥਾ ॥ ਜਨਮ ਜਨਮ ਕੇ ਕਿਲਬਿਖ ਦੁਖ ਉਤਰੇ ਗੁਰਿ ਨਾਮੁ ਦੀਓ ਰਿਨੁ ਲਾਥਾ ॥੧॥ ਮੇਰੇ ਮਨ ਭਜੁ ਰਾਮ ਨਾਮੁ ਸਭਿ ਅਰਥਾ ॥ ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ ਬਿਨੁ ਨਾਵੈ ਜੀਵਨੁ ਬਿਰਥਾ ॥ ਰਹਾਉ ॥ ਬਿਨੁ ਗੁਰ ਮੂੜ ਭਏ ਹੈ ਮਨਮੁਖ ਤੇ ਮੋਹ ਮਾਇਆ ਨਿਤ ਫਾਥਾ ॥ ਤਿਨ ਸਾਧੂ ਚਰਣ ਨ ਸੇਵੇ ਕਬਹੂ ਤਿਨ ਸਭੁ ਜਨਮੁ ਅਕਾਥਾ ॥੨॥ ਜਿਨ ਸਾਧੂ ਚਰਣ ਸਾਧ ਪਗ ਸੇਵੇ ਤਿਨ ਸਫਲਿਓ ਜਨਮੁ ਸਨਾਥਾ ॥ ਮੋ ਕਉ ਕੀਜੈ ਦਾਸੁ ਦਾਸ ਦਾਸਨ ਕੋ ਹਰਿ ਦਇਆ ਧਾਰਿ ਜਗੰਨਾਥਾ ॥੩॥ ਹਮ ਅੰਧੁਲੇ ਗਿਆਨਹੀਨ ਅਗਿਆਨੀ ਕਿਉ ਚਾਲਹ ਮਾਰਗਿ ਪੰਥਾ ॥ ਹਮ ਅੰਧੁਲੇ ਕਉ ਗੁਰ ਅੰਚਲੁ ਦੀਜੈ ਜਨ ਨਾਨਕ ਚਲਹ ਮਿਲੰਥਾ ॥੪॥੧॥ {ਪੰਨਾ 696}

ਪਦਅਰਥ:- ਹੀਅਰੈ—ਹਿਰਦੇ ਵਿਚ । ਗੁਰਿ—ਗੁਰੂ ਨੇ । ਮੇਰੈ ਮਾਥਾ—ਮੇਰੈ ਮਾਥੈ, ਮੇਰੇ ਮੱਥੇ ਉੱਤੇ । ਕਿਲਬਿਖ—ਪਾਪ । ਰਿਨੁ—ਕਰਜ਼ਾ, ਵਿਕਾਰਾਂ ਦਾ ਭਾਰ ।੧।

ਮਨ—ਹੇ ਮਨ! ਸਭਿ—ਸਾਰੇ । ਅਰਥਾ—ਪਦਾਰਥ । ਦ੍ਰਿੜਾਇਆ—ਪੱਕਾ ਕਰ ਦਿੱਤਾ । ਬਿਰਥਾ—ਵਿਅਰਥ ।ਰਹਾਉ।

ਮੂੜ—ਮੂਰਖ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ । ਤੇ—ਉਹ {ਬਹੁ-ਵਚਨ} । ਸਾਧੂ—ਗੁਰੂ । ਅਕਥਾ—ਨਿਸਫਲ, ਅਕਾਰਥ ।੨।

ਪਗ—ਪੈਰ, ਚਰਨ । ਸਫਲਿਓ—ਕਾਮਯਾਬ । ਸਨਾਥਾ—ਖਸਮ ਵਾਲੇ । ਮੋ ਕਉ—ਮੈਨੂੰ । ਕਉ—ਨੂੰ । ਕੀਜੈ—ਬਣਾ ਲੈ । ਜਗੰਨਾਥਾ—ਹੇ ਜਗਤ ਦੇ ਨਾਥ! ।੩।

ਕਿਉ—ਕਿਵੇਂ? ਚਾਲਹ—ਅਸੀ ਚੱਲੀਏ । ਮਾਰਗਿ—ਰਸਤੇ ਉਤੇ । ਪੰਥਾ—ਪੰਥਿ, ਰਸਤੇ ਉਤੇ । ਗੁਰ—ਹੇ ਗੁਰੂ! ਅੰਚਲੁ—ਪੱਲਾ । ਮਿਲੰਥਾ—ਮਿਲ ਕੇ ।੪।

ਅਰਥ:- ਹੇ ਮੇਰੇ ਮਨ! (ਸਦਾ) ਪਰਮਾਤਮਾ ਦਾ ਨਾਮ ਸਿਮਰਿਆ ਕਰ, (ਪਰਮਾਤਮਾ) ਸਾਰੇ ਪਦਾਰਥ (ਦੇਣ ਵਾਲਾ ਹੈ) । (ਹੇ ਮਨ! ਗੁਰੂ ਦੀ ਸਰਨ ਪਿਆ ਰਹੁ) ਪੂਰੇ ਗੁਰੂ ਨੇ (ਹੀ) ਪਰਮਾਤਮਾ ਦਾ ਨਾਮ (ਹਿਰਦੇ ਵਿਚ) ਪੱਕਾ ਕੀਤਾ ਹੈ । ਤੇ, ਨਾਮ ਤੋਂ ਬਿਨਾ ਮਨੁੱਖਾ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ ।ਰਹਾਉ।

(ਹੇ ਭਾਈ! ਜਦੋਂ) ਗੁਰੂ ਨੇ ਮੇਰੇ ਸਿਰ ਉੱਤੇ ਆਪਣਾ ਹੱਥ ਰੱਖਿਆ, ਤਾਂ ਮੇਰੇ ਹਿਰਦੇ ਵਿਚ ਪਰਮਾਤਮਾ ਦਾ

ਰਤਨ (ਵਰਗਾ ਕੀਮਤੀ) ਨਾਮ ਆ ਵੱਸਿਆ । (ਹੇ ਭਾਈ! ਜਿਸ ਭੀ ਮਨੁੱਖ ਨੂੰ) ਗੁਰੂ ਨੇ ਪਰਮਾਤਮਾ ਦਾ ਨਾਮ ਦਿੱਤਾ, ਉਸ ਦੇ ਅਨੇਕਾਂ ਜਨਮਾਂ ਦੇ ਪਾਪ ਦੁੱਖ ਦੂਰ ਹੋ ਗਏ, (ਉਸ ਦੇ ਸਿਰੋਂ ਪਾਪਾਂ ਦਾ) ਕਰਜ਼ਾ ਉਤਰ ਗਿਆ ।੧।

ਹੇ ਭਾਈ! ਜੇਹੜੇ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦੇ ਹਨ ਉਹ ਗੁਰੂ (ਦੀ ਸਰਨ) ਤੋਂ ਬਿਨਾ ਮੂਰਖ ਹੋਏ ਰਹਿੰਦੇ ਹਨ, ਉਹ ਸਦਾ ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ । ਉਹਨਾਂ ਨੇ ਕਦੇ ਭੀ ਗੁਰੂ ਦਾ ਆਸਰਾ ਨਹੀਂ ਲਿਆ, ਉਹਨਾਂ ਦਾ ਸਾਰਾ ਜੀਵਨ ਵਿਅਰਥ ਚਲਾ ਜਾਂਦਾ ਹੈ ।੨।

ਹੇ ਭਾਈ! ਜੇਹੜੇ ਮਨੁੱਖ ਗੁਰੂ ਦੇ ਚਰਨਾਂ ਦੀ ਓਟ ਲੈਂਦੇ ਹਨ, ਉਹ ਖਸਮ ਵਾਲੇ ਬਣ ਜਾਂਦੇ ਹਨ, ਉਹਨਾਂ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ । ਹੇ ਹਰੀ! ਹੇ ਜਗਤ ਦੇ ਨਾਥ! ਮੇਰੇ ਉੱਤੇ ਮੇਹਰ ਕਰ, ਮੈਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਦਾਸ ਬਣਾ ਲੈ ।੩।

ਹੇ ਗੁਰੂ! ਅਸੀ ਮਾਇਆ ਵਿਚ ਅੰਨ੍ਹੇ ਹੋ ਰਹੇ ਹਾਂ, ਅਸੀਂ ਆਤਮਕ ਜੀਵਨ ਦੀ ਸੂਝ ਤੋਂ ਸੱਖਣੇ ਹਾਂ, ਸਾਨੂੰ ਸਹੀ ਜੀਵਨ-ਜੁਗਤਿ ਦੀ ਸੂਝ ਨਹੀਂ ਹੈ, ਅਸੀ ਤੇਰੇ ਦੱਸੇ ਹੋਏ ਜੀਵਨ-ਰਾਹ ਉੱਤੇ ਤੁਰ ਨਹੀਂ ਸਕਦੇ । ਹੇ ਦਾਸ ਨਾਨਕ! (ਆਖ—) ਹੇ ਗੁਰੂ! ਸਾਨੂੰ ਅੰਨ੍ਹਿਆਂ ਨੂੰ ਆਪਣਾ ਪੱਲਾ ਫੜਾ, ਤਾਂ ਕਿ ਤੇਰੇ ਪੱਲੇ ਲੱਗ ਕੇ ਅਸੀ ਤੇਰੇ ਦੱਸੇ ਹੋਏ ਰਸਤੇ ਉਤੇ ਤੁਰ ਸਕੀਏ ।੪।੧।

ਜੈਤਸਰੀ ਮਹਲਾ ੪ ॥ ਹੀਰਾ ਲਾਲੁ ਅਮੋਲਕੁ ਹੈ ਭਾਰੀ ਬਿਨੁ ਗਾਹਕ ਮੀਕਾ ਕਾਖਾ ॥ ਰਤਨ ਗਾਹਕੁ ਗੁਰੁ ਸਾਧੂ ਦੇਖਿਓ ਤਬ ਰਤਨੁ ਬਿਕਾਨੋ ਲਾਖਾ ॥੧॥ ਮੇਰੈ ਮਨਿ ਗੁਪਤ ਹੀਰੁ ਹਰਿ ਰਾਖਾ ॥ ਦੀਨ ਦਇਆਲਿ ਮਿਲਾਇਓ ਗੁਰੁ ਸਾਧੂ ਗੁਰਿ ਮਿਲਿਐ ਹੀਰੁ ਪਰਾਖਾ ॥ ਰਹਾਉ ॥ ਮਨਮੁਖ ਕੋਠੀ ਅਗਿਆਨੁ ਅੰਧੇਰਾ ਤਿਨ ਘਰਿ ਰਤਨੁ ਨ ਲਾਖਾ ॥ ਤੇ ਊਝੜਿ ਭਰਮਿ ਮੁਏ ਗਾਵਾਰੀ ਮਾਇਆ ਭੁਅੰਗ ਬਿਖੁ ਚਾਖਾ ॥੨॥ ਹਰਿ ਹਰਿ ਸਾਧ ਮੇਲਹੁ ਜਨ ਨੀਕੇ ਹਰਿ ਸਾਧੂ ਸਰਣਿ ਹਮ ਰਾਖਾ ॥ ਹਰਿ ਅੰਗੀਕਾਰੁ ਕਰਹੁ ਪ੍ਰਭ ਸੁਆਮੀ ਹਮ ਪਰੇ ਭਾਗਿ ਤੁਮ ਪਾਖਾ ॥੩॥ ਜਿਹਵਾ ਕਿਆ ਗੁਣ ਆਖਿ ਵਖਾਣਹ ਤੁਮ ਵਡ ਅਗਮ ਵਡ ਪੁਰਖਾ ॥ ਜਨ ਨਾਨਕ ਹਰਿ ਕਿਰਪਾ ਧਾਰੀ ਪਾਖਾਣੁ ਡੁਬਤ ਹਰਿ ਰਾਖਾ ॥੪॥੨॥ {ਪੰਨਾ 666}

ਪਦਅਰਥ:- ਅਮੋਲਕੁ—ਦੁਨੀਆ ਦਾ ਕੋਈ ਭੀ ਪਦਾਰਥ ਜਿਸ ਦੇ ਬਰਾਬਰ ਕੀਮਤੀ ਨਾਹ ਹੋ ਸਕੇ । ਮੀਕਾ—ਬਰਾਬਰ । ਕਾਖਾ—ਕੱਖ । ਲਾਖਾ—ਲੱਖਾਂ ਰੁਪਇਆਂ ਤੋਂ ।੧।

ਮਨਿ—ਮਨ ਵਿਚ । ਗੁਪਤ—ਗੁੱਝਾ । ਹੀਰੁ—ਹੀਰਾ । ਰਾਖਾ—ਰੱਖਿਆ ਹੋਇਆ ਸੀ । ਦਇਆਲਿ—ਦਇਆਲ ਨੇ । ਗੁਰਿ ਮਿਲਿਐ—ਗੁਰੂ ਮਿਲਣ ਨਾਲ । ਪਰਾਖਾ—ਪਰਖ ਲਿਆ ।ਰਹਾਉ।

ਕੋਠੀ—ਹਿਰਦੇ ਵਿਚ । ਅਗਿਆਨੁ—ਆਤਮਕ ਜੀਵਨ ਵਲੋਂ ਬੇ-ਸਮਝੀ । ਘਰਿ—ਹਿਰਦੇ ਵਿਚ । ਨ ਲਾਖਾ—ਨਾਹ ਲਖਿਆ । ਊਝੜਿ—ਉਜਾੜ ਵਿਚ, ਕੁਰਾਹੇ । ਭਰਮਿ—ਭਟਕਣਾ ਵਿਚ । ਤੇ—ਉਹ (ਬਹੁ-ਵਚਨ) । ਮੁਏ—ਆਤਮਕ ਮੌਤੇ ਮਰ ਗਏ । ਭੁਅੰਗ—ਸੱਪ । ਬਿਖੁ—ਜ਼ਹਰ ।੨।

ਹਰਿ—ਹੇ ਹਰੀ! ਨੀਕੇ ਸਾਧ—ਚੰਗੇ ਸੰਤ ਜਨ । ਸਾਧੂ—ਗੁਰੂ । ਰਾਖਾ—ਰੱਖ । ਅੰਗੀਕਾਰੁ—ਮਦਦ । ਪ੍ਰਭ—ਹੇ ਪ੍ਰਭੂ! ਪਾਖਾ—ਪੱਖ, ਸਰਨ । ਭਾਗਿ—ਭੱਜ ਕੇ ।੩।

ਵਖਾਣਹ—ਅਸੀ ਬਿਆਨ ਕਰੀਏ । ਅਗਮ—ਅਪਹੁੰਚ । ਪਾਖਾਣ—ਪੱਥਰ । ਰਾਖਾ—ਰੱਖ ਲਿਆ ।੪।

ਅਰਥ:- ਹੇ ਭਾਈ! ਮੇਰੇ ਮਨ ਵਿਚ ਪਰਮਾਤਮਾ ਨੇ ਆਪਣਾ ਨਾਮ-ਹੀਰਾ ਲੁਕਾ ਕੇ ਰੱਖਿਆ ਹੋਇਆ ਸੀ । ਦੀਨਾਂ ਉਤੇ ਦਇਆ ਕਰਨ ਵਾਲੇ ਉਸ ਹਰੀ ਨੇ ਮੈਨੂੰ ਗੁਰੂ ਮਿਲਾ ਦਿੱਤਾ । ਗੁਰੂ ਮਿਲਣ ਨਾਲ ਮੈਂ ਉਹ ਹੀਰਾ ਪਰਖ ਲਿਆ (ਮੈਂ ਉਸ ਹੀਰੇ ਦੀ ਕਦਰ ਸਮਝ ਲਈ) ।ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਬੜਾ ਹੀ ਕੀਮਤੀ ਹੀਰਾ ਹੈ ਲਾਲ ਹੈ, ਪਰ ਗਾਹਕ ਤੋਂ ਬਿਨਾ ਇਹ ਹੀਰਾ ਕੱਖ ਵਰਗਾ ਹੋਇਆ ਪਿਆ ਹੈ । ਜਦੋਂ ਇਸ ਰਤਨ ਦਾ ਗਾਹਕ ਗੁਰੂ ਮਿਲ ਪਿਆ, ਤਦੋਂ ਇਹ ਰਤਨ ਲੱਖੀਂ ਰੁਪਈਂ ਵਿਕਣ ਲੱਗ ਪਿਆ ।੧।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦੇ ਹਿਰਦੇ ਵਿਚ ਆਤਮਕ ਜੀਵਨ ਵਲੋਂ ਬੇ-ਸਮਝੀ (ਦਾ) ਹਨੇਰਾ ਪਿਆ ਰਹਿੰਦਾ ਹੈ, (ਤਾਹੀਏਂ) ਉਹਨਾਂ ਨੇ ਆਪਣੇ ਹਿਰਦੇ-ਘਰ ਵਿਚ ਟਿਕਿਆ ਹੋਇਆ ਨਾਮ-ਰਤਨ (ਕਦੇ) ਨਹੀਂ ਵੇਖਿਆ । ਉਹ ਮਨੁੱਖ ਮਾਇਆ-ਸਪਣੀ (ਦੇ ਮੋਹ) ਦਾ ਜ਼ਹਿਰ ਖਾਂਦੇ ਰਹਿੰਦੇ ਹਨ, (ਇਸ ਵਾਸਤੇ) ਉਹ ਮੂਰਖ ਭਟਕਣਾ ਦੇ ਕਾਰਨ ਕੁਰਾਹੇ ਪੈ ਕੇ ਆਤਮਕ ਮੌਤੇ ਮਰੇ ਰਹਿੰਦੇ ਹਨ ।੨।

ਹੇ ਹਰੀ! ਮੈਨੂੰ ਚੰਗੇ ਸੰਤ ਜਨ ਮਿਲਾ, ਮੈਨੂੰ ਗੁਰੂ ਦੀ ਸਰਨ ਵਿਚ ਰੱਖ । ਹੇ ਪ੍ਰਭੂ! ਹੇ ਮਾਲਕ! ਮੇਰੀ ਮਦਦ ਕਰ । ਮੈਂ ਹੋਰ ਪਾਸੇ ਛੱਡ ਕੇ ਤੇਰੀ ਸਰਨ ਆ ਪਿਆ ਹਾਂ ।੩।

ਹੇ ਪ੍ਰਭੂ! ਤੂੰ ਵੱਡਾ ਪੁਰਖ ਹੈਂ, ਤੂੰ ਅਪਹੁੰਚ ਹੈਂ, ਅਸੀ ਆਪਣੀ ਜੀਭ ਨਾਲ ਤੇਰੇ ਕੇਹੜੇ ਕੇਹੜੇ ਗੁਣ ਆਖ ਕੇ ਦੱਸ ਸਕਦੇ ਹਾਂ? ਹੇ ਦਾਸ ਨਾਨਕ! (ਆਖ—) ਜਿਸ ਮਨੁੱਖ ਉਤੇ ਪ੍ਰਭੂ ਮੇਹਰ ਕੀਤੀ, ਉਸ ਪੱਥਰ ਨੂੰ (ਸੰਸਾਰ-ਸਮੁੰਦਰ ਵਿਚ) ਡੁੱਬਦੇ ਨੂੰ ਉਸ ਨੇ ਬਚਾ ਲਿਆ ।੪।੨।

ਜੈਤਸਰੀ ਮਃ ੪ ॥ ਹਮ ਬਾਰਿਕ ਕਛੂਅ ਨ ਜਾਨਹ ਗਤਿ ਮਿਤਿ ਤੇਰੇ ਮੂਰਖ ਮੁਗਧ ਇਆਨਾ ॥ ਹਰਿ ਕਿਰਪਾ ਧਾਰਿ ਦੀਜੈ ਮਤਿ ਊਤਮ ਕਰਿ ਲੀਜੈ ਮੁਗਧੁ ਸਿਆਨਾ ॥੧॥ ਮੇਰਾ ਮਨੁ ਆਲਸੀਆ ਉਘਲਾਨਾ ॥ ਹਰਿ ਹਰਿ ਆਨਿ ਮਿਲਾਇਓ ਗੁਰੁ ਸਾਧੂ ਮਿਲਿ ਸਾਧੂ ਕਪਟ ਖੁਲਾਨਾ ॥ ਰਹਾਉ ॥ ਗੁਰ ਖਿਨੁ ਖਿਨੁ ਪ੍ਰੀਤਿ ਲਗਾਵਹੁ ਮੇਰੈ ਹੀਅਰੈ ਮੇਰੇ ਪ੍ਰੀਤਮ ਨਾਮੁ ਪਰਾਨਾ ॥ ਬਿਨੁ ਨਾਵੈ ਮਰਿ ਜਾਈਐ ਮੇਰੇ ਠਾਕੁਰ ਜਿਉ ਅਮਲੀ ਅਮਲਿ ਲੁਭਾਨਾ ॥੨॥ ਜਿਨ ਮਨਿ ਪ੍ਰੀਤਿ ਲਗੀ ਹਰਿ ਕੇਰੀ ਤਿਨ ਧੁਰਿ ਭਾਗ ਪੁਰਾਨਾ ॥ ਤਿਨ ਹਮ ਚਰਣ ਸਰੇਵਹ ਖਿਨੁ ਖਿਨੁ ਜਿਨ ਹਰਿ ਮੀਠ ਲਗਾਨਾ ॥੩॥ ਹਰਿ ਹਰਿ ਕ੍ਰਿਪਾ ਧਾਰੀ ਮੇਰੈ ਠਾਕੁਰਿ ਜਨੁ ਬਿਛੁਰਿਆ ਚਿਰੀ ਮਿਲਾਨਾ ॥ ਧਨੁ ਧਨੁ ਸਤਿਗੁਰੁ ਜਿਨਿ ਨਾਮੁ ਦ੍ਰਿੜਾਇਆ ਜਨੁ ਨਾਨਕੁ ਤਿਸੁ ਕੁਰਬਾਨਾ ॥੪॥੩॥ {ਪੰਨਾ 697}

ਪਦਅਰਥ:- ਕਛੂਅ—ਕੁਝ ਭੀ । ਜਾਨਹ—ਅਸੀ ਜਾਣਦੇ । ਗਤਿ—ਹਾਲਤ । ਮਿਤਿ—ਮਰਯਾਦਾ । ਗਤਿ ਮਿਤਿ—ਕਿਹੋ ਜਿਹਾ ਹੈਂ ਅਤੇ ਕੇਡਾ ਵੱਡਾ ਹੈਂ । ਮੁਗਧ—ਮੂਰਖ । ਧਾਰਿ—ਕਰ ਕੇ । ਊਤਮ—ਸ੍ਰੇਸ਼ਟ । ਕਰਿ ਲੀਜੈ—ਬਣਾ ਲੈ ।੧।

ਆਲਸੀਆ—ਸੁਸਤ । ਉਘਲਾਨਾ—ਸੌਂ ਗਿਆ ਸੀ, ਉਂਘਲਾ ਰਿਹਾ ਸੀ । ਆਨਿ—ਲਿਆ ਕੇ । ਮਿਲਿ—ਮਿਲ ਕੇ । ਕਪਟ—ਕਪਾਟ, ਕਿਵਾੜ, ਦਰਵਾਜ਼ੇ ।ਰਹਾਉ।

ਖਿਨੁ ਖਿਨੁ—ਹਰ ਵੇਲੇ । ਹੀਅਰੈ—ਹਿਰਦੇ ਵਿਚ । ਪਰਾਨਾ—ਪ੍ਰਾਨ, ਜਿੰਦ । ਠਾਕੁਰ—ਹੇ ਠਾਕੁਰ! ਅਮਲੀ—

ਨਸ਼ਈ ਮਨੁੱਖ । ਅਮਲਿ—ਨਸ਼ੇ ਵਿਚ । ਲੁਭਾਨਾ—ਲੋਭ ਕਰਦਾ ਹੈ ।੨।

ਜਿਨ ਮਨਿ—ਜਿਨ੍ਹਾਂ ਦੇ ਮਨ ਵਿਚ । ਕੇਰੀ—ਦੀ । ਪੁਰਾਨਾ—ਪੁਰਾਣੇ, ਚਿਰ ਦੇ । ਹਮ ਸਰੇਵਹ—ਅਸੀ ਸੇਂਵਦੇ ਹਾਂ ।੩।

ਠਾਕੁਰਿ—ਠਾਕੁਰ ਨੇ । ਜਿਨਿ—ਜਿਸ ਨੇ । ਤਿਸੁ—ਉਸ (ਗੁਰੂ) ਤੋਂ ।੪।

ਅਰਥ:- ਹੇ ਭਾਈ! ਮੇਰਾ ਸੁਸਤ ਮਨ (ਮਾਇਆ ਦੀ ਨੀਂਦ ਵਿਚ) ਸੌਂ ਗਿਆ ਸੀ । ਪਰਮਾਤਮਾ ਨੇ ਮੈਨੂੰ ਗੁਰੂ ਲਿਆ ਕੇ ਮਿਲਾ ਦਿੱਤਾ । ਗੁਰੂ ਨੂੰ ਮਿਲ ਕੇ (ਮੇਰੇ ਮਨ ਦੇ) ਕਿਵਾੜ ਖੁੱਲ੍ਹ ਗਏ ਹਨ ।ਰਹਾਉ।

ਹੇ ਭਾਈ! ਅਸੀ ਤੇਰੇ ਅੰਞਾਣ ਮੂਰਖ ਬੱਚੇ ਹਾਂ, ਅਸੀ ਨਹੀਂ ਜਾਣ ਸਕਦੇ ਕਿ ਤੂੰ ਕਿਹੋ ਜਿਹਾ ਹੈਂ, ਅਤੇ ਕੇਡਾ ਵੱਡਾ ਹੈਂ । ਹੇ ਹਰੀ! ਮੇਹਰ ਕਰ ਕੇ ਮੈਨੂੰ ਚੰਗੀ ਅਕਲ ਦੇਹ, ਮੈਨੂੰ ਮੂਰਖ ਨੂੰ ਸਿਆਣਾ ਬਣਾ ਲੈ ।੧।

ਹੇ ਗੁਰੂ! ਮੇਰੇ ਹਿਰਦੇ ਵਿਚ ਪ੍ਰਭੂ ਵਾਸਤੇ ਹਰ ਵੇਲੇ ਦੀ ਪ੍ਰੀਤਿ ਪੈਦਾ ਕਰ ਦੇਹ, ਮੇਰੇ ਪ੍ਰੀਤਮ-ਪ੍ਰਭੂ ਦਾ ਨਾਮ ਮੇਰੇ ਪ੍ਰਾਣ ਬਣ ਜਾਏ । ਹੇ ਮੇਰੇ ਮਾਲਕ-ਪ੍ਰਭੂ! ਜਿਵੇਂ ਨਸ਼ਈ ਮਨੁੱਖ ਨਸ਼ੇ ਵਿਚ ਖ਼ੁਸ਼ ਰਹਿੰਦਾ ਹੈ (ਤੇ ਨਸ਼ੇ ਤੋਂ ਬਿਨਾ ਘਬਰਾ ਉਠਦਾ ਹੈ, ਤਿਵੇਂ) ਤੇਰੇ ਨਾਮ ਤੋਂ ਬਿਨਾ ਜਿੰਦ ਵਿਆਕੁਲ ਹੋ ਜਾਂਦੀ ਹੈ ।੨।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਰਮਾਤਮਾ ਦੀ ਪ੍ਰੀਤਿ ਪੈਦਾ ਹੋ ਜਾਂਦੀ ਹੈ, ਉਹਨਾਂ ਦੇ ਧੁਰ ਦਰਗਾਹ ਤੋਂ ਮਿਲੇ ਚਿਰ ਦੇ ਭਾਗ ਜਾਗ ਪੈਂਦੇ ਹਨ । ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਅਸੀ ਹਰ ਵੇਲੇ ਉਹਨਾਂ ਦੇ ਚਰਨਾਂ ਦੀ ਸੇਵਾ ਕਰਦੇ ਹਾਂ ।੩।

ਹੇ ਭਾਈ! ਮੇਰੇ ਮਾਲਕ-ਪ੍ਰਭੂ ਨੇ ਜਿਸ ਮਨੁੱਖ ਉਤੇ ਮੇਹਰ ਦੀ ਨਿਗਾਹ ਕੀਤੀ, ਉਸ ਨੂੰ ਚਿਰ ਦੇ ਵਿਛੁੜੇ ਹੋਏ ਨੂੰ ਉਸ ਨੇ ਆਪਣੇ ਨਾਲ ਮਿਲਾ ਲਿਆ । ਧੰਨ ਹੈ ਗੁਰੂ, ਧੰਨ ਹੈ ਗੁਰੂ, ਜਿਸ ਨੇ ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕਾ ਕਰ ਦਿੱਤਾ । ਦਾਸ ਨਾਨਕ ਉਸ ਗੁਰੂ ਤੋਂ (ਸਦਾ) ਸਦਕੇ ਜਾਂਦਾ ਹੈ ।੪।੩।

ਜੈਤਸਰੀ ਮਹਲਾ ੪ ॥ ਸਤਿਗੁਰੁ ਸਾਜਨੁ ਪੁਰਖੁ ਵਡ ਪਾਇਆ ਹਰਿ ਰਸਕਿ ਰਸਕਿ ਫਲ ਲਾਗਿਬਾ ॥ ਮਾਇਆ ਭੁਇਅੰਗ ਗ੍ਰਸਿਓ ਹੈ ਪ੍ਰਾਣੀ ਗੁਰ ਬਚਨੀ ਬਿਸੁ ਹਰਿ ਕਾਢਿਬਾ ॥੧॥ ਮੇਰਾ ਮਨੁ ਰਾਮ ਨਾਮ ਰਸਿ ਲਾਗਿਬਾ ॥ ਹਰਿ ਕੀਏ ਪਤਿਤ ਪਵਿਤ੍ਰ ਮਿਲਿ ਸਾਧ ਗੁਰ ਹਰਿ ਨਾਮੈ ਹਰਿ ਰਸੁ ਚਾਖਿਬਾ ॥ ਰਹਾਉ ॥ ਧਨੁ ਧਨੁ ਵਡਭਾਗ ਮਿਲਿਓ ਗੁਰੁ ਸਾਧੂ ਮਿਲਿ ਸਾਧੂ ਲਿਵ ਉਨਮਨਿ ਲਾਗਿਬਾ ॥ ਤ੍ਰਿਸਨਾ ਅਗਨਿ ਬੁਝੀ ਸਾਂਤਿ ਪਾਈ ਹਰਿ ਨਿਰਮਲ ਨਿਰਮਲ ਗੁਨ ਗਾਇਬਾ ॥੨॥ ਤਿਨ ਕੇ ਭਾਗ ਖੀਨ ਧੁਰਿ ਪਾਏ ਜਿਨ ਸਤਿਗੁਰ ਦਰਸੁ ਨ ਪਾਇਬਾ ॥ ਤੇ ਦੂਜੈ ਭਾਇ ਪਵਹਿ ਗ੍ਰਭ ਜੋਨੀ ਸਭੁ ਬਿਰਥਾ ਜਨਮੁ ਤਿਨ ਜਾਇਬਾ ॥੩॥ ਹਰਿ ਦੇਹੁ ਬਿਮਲ ਮਤਿ ਗੁਰ ਸਾਧ ਪਗ ਸੇਵਹ ਹਮ ਹਰਿ ਮੀਠ ਲਗਾਇਬਾ ॥ ਜਨੁ ਨਾਨਕੁ ਰੇਣ ਸਾਧ ਪਗ ਮਾਗੈ ਹਰਿ ਹੋਇ ਦਇਆਲੁ ਦਿਵਾਇਬਾ ॥੪॥੪॥ {ਪੰਨਾ 697}

ਪਦਅਰਥ:- ਪੁਰਖੁ ਵਡ—ਮਹਾ ਪੁਰਖ । ਰਸਕਿ—ਰਸ ਨਾਲ, ਸੁਆਦ ਨਾਲ । ਫਲ ਲਾਗਿਬਾ—ਫਲ (ਖਾਣ) ਲੱਗ ਪੈਂਦਾ ਹੈ । ਭੁਇਅੰਗ—ਸੱਪ । ਗ੍ਰਸਿਓ—ਫੜਿਆ ਹੋਇਆ । ਬਚਨੀ—ਬਚਨੀਂ, ਬਚਨਾਂ ਉਤੇ ਤੁਰਿਆਂ । ਬਿਸੁ—ਜ਼ਹਿਰ । ਕਾਢਿਬਾ—ਕੱਢ ਦੇਂਦਾ ਹੈ ।੧।

ਰਸਿ—ਰਸ ਵਿਚ । ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਮਿਲਿ ਸਾਧ ਗੁਰ—ਸਾਧੂ ਗੁਰੂ ਨੂੰ ਮਿਲ ਕੇ । ਨਾਮੈ—ਨਾਮ ਵਿਚ ।ਰਹਾਉ।

ਸਾਧੂ—ਗੁਰੂ । ਲਿਵ—ਲਗਨ । ਉਨਮਨਿ—ਉਨਮਨ ਵਿਚ, ਉੱਚੀ ਆਤਮਕ ਅਵਸਥਾ ਵਿਚ ।੨।

ਖੀਨ—ਕਮਜ਼ੋਰ, ਪਤਲੇ । ਦਰਸੁ—ਦਰਸਨ । ਤੇ—ਉਹ {ਬਹੁ-ਵਚਨ} । ਦੂਜੈ ਭਾਇ—ਮਾਇਆ ਦੇ ਮੋਹ ਦੇ ਕਾਰਨ । ਪਵਹਿ—ਪੈਂਦੇ ਹਨ ।੩।

ਹਰਿ—ਹੇ ਹਰੀ! ਬਿਮਲ—ਸੁਅੱਛ । ਪਗ—ਪੈਰ । ਸੇਵਹ—ਅਸੀ ਸੇਵੀਏ । ਰੇਣ—ਧੂੜ । ਨਾਨਕੁ ਮਾਗੈ—ਨਾਨਕ ਮੰਗਦਾ ਹੈ ।੪।

ਅਰਥ:- (ਹੇ ਭਾਈ! ਗੁਰੂ ਦੀ ਕਿਰਪਾ ਨਾਲ) ਮੇਰਾ ਮਨ ਪਰਮਾਤਮਾ ਦੇ ਨਾਮ ਦੇ ਸੁਆਦ ਵਿਚ ਮਗਨ ਹੋ ਗਿਆ ਹੈ । ਸਾਧੂ ਗੁਰੂ ਨੂੰ ਮਿਲ ਕੇ (ਜੇਹੜੇ ਮਨੁੱਖ) ਪਰਮਾਤਮਾ ਦੇ ਨਾਮ ਵਿਚ (ਜੁੜਦੇ ਹਨ), ਪਰਮਾਤਮਾ ਦਾ ਨਾਮ ਰਸ ਚੱਖਦੇ ਹਨ ਉਹਨਾਂ ਵਿਕਾਰੀਆਂ ਨੂੰ ਭੀ ਪਰਮਾਤਮਾ ਸੁੱਚੇ ਜੀਵਨ ਵਾਲੇ ਬਣਾ ਲੈਂਦਾ ਹੈ ।ਰਹਾਉ।

ਹੇ ਭਾਈ! ਗੁਰੂ (ਸਭ ਦਾ) ਸੱਜਣ ਹੈ, ਗੁਰੂ ਮਹਾ ਪੁਰਖ ਹੈ, ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ ਮਨੁੱਖ ਬੜੇ ਸੁਆਦ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਫਲ ਖਾਣ ਲੱਗ ਪੈਂਦਾ ਹੈ । ਹੇ ਭਾਈ! ਮਨੁੱਖ ਨੂੰ ਮਾਇਆ-ਸਪਣੀ ਗ੍ਰਸੀ ਰੱਖਦੀ ਹੈ, ਪਰ ਗੁਰੂ ਦੇ ਬਚਨਾਂ ਉਤੇ ਤੁਰਨ ਦੀ ਬਰਕਤਿ ਨਾਲ ਪਰਮਾਤਮਾ (ਉਸ ਦੇ ਅੰਦਰੋਂ) ਉਹ ਜ਼ਹਿਰ ਕੱਢ ਦੇਂਦਾ ਹੈ ।੧।

ਹੇ ਭਾਈ! ਉਹ ਮਨੁੱਖ ਸਲਾਹੁਣ-ਜੋਗ ਹੋ ਜਾਂਦਾ ਹੈ, ਵੱਡੀ ਕਿਸਮਤ ਵਾਲਾ ਹੋ ਜਾਂਦਾ ਹੈ ਜਿਸ ਨੂੰ ਗੁਰੂ ਮਿਲ ਪੈਂਦਾ ਹੈ । ਗੁਰੂ ਨੂੰ ਮਿਲ ਕੇ ਉਸ ਦੀ ਸੁਰਤਿ ਉੱਚੀ ਆਤਮਕ ਅਵਸਥਾ ਵਿਚ ਟਿਕ ਜਾਂਦੀ ਹੈ । (ਜਿਉਂ ਜਿਉਂ) ਉਹ ਪਰਮਾਤਮਾ ਦੇ ਪਵਿਤ੍ਰ ਕਰਨ ਵਾਲੇ ਗੁਣ ਗਾਂਦਾ ਹੈ (ਤਿਉਂ ਤਿਉਂ ਉਸ ਦੇ ਅੰਦਰੋਂ) ਤ੍ਰਿਸ਼ਨਾ ਦੀ ਅੱਗ ਬੁੱਝ ਜਾਂਦੀ ਹੈ, ਉਸ ਨੂੰ ਆਤਮਕ ਸ਼ਾਂਤੀ ਪ੍ਰਾਪਤ ਹੁੰਦੀ ਹੈ ।੨।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ (ਕਦੇ) ਗੁਰੂ ਦਾ ਦਰਸਨ ਨਾਹ ਕੀਤਾ ਉਹਨਾਂ ਦੇ ਭਾਗ ਹਿਰ ਗਏ, ਧੁਰ ਦਰਗਾਹ ਤੋਂ ਹੀ ਉਹਨਾਂ ਨੂੰ ਇਹ ਭਾਗ-ਹੀਨਤਾ ਮਿਲ ਗਈ ਮਾਇਆ ਦੇ ਮੋਹ ਦੇ ਕਾਰਨ ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ਉਹਨਾਂ ਦੀ ਸਾਰੀ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ ।੩।

ਹੇ ਪ੍ਰਭੂ! ਸਾਨੂੰ ਸੁਅੱਛ ਅਕਲ ਬਖ਼ਸ਼, ਅਸੀ ਗੁਰੂ ਦੀ ਚਰਨੀਂ ਲੱਗੇ ਰਹੀਏ, ਤੇ ਹੇ ਹਰੀ! ਤੂੰ ਸਾਨੂੰ ਪਿਆਰਾ ਲੱਗਦਾ ਰਹੇਂ । ਹੇ ਭਾਈ! ਦਾਸ ਨਾਨਕ (ਤਾਂ ਪ੍ਰਭੂ ਦੇ ਦਰ ਤੋਂ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ । ਜਿਸ ਉਤੇ ਪ੍ਰਭੂ ਦਇਆਵਾਨ ਹੁੰਦਾ ਹੈ ਉਸ ਨੂੰ ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼ਦਾ ਹੈ ।੪।੪।

ਜੈਤਸਰੀ ਮਹਲਾ ੪ ॥ ਜਿਨ ਹਰਿ ਹਿਰਦੈ ਨਾਮੁ ਨ ਬਸਿਓ ਤਿਨ ਮਾਤ ਕੀਜੈ ਹਰਿ ਬਾਂਝਾ ॥ ਤਿਨ ਸੁੰਞੀ ਦੇਹ ਫਿਰਹਿ ਬਿਨੁ ਨਾਵੈ ਓਇ ਖਪਿ ਖਪਿ ਮੁਏ ਕਰਾਂਝਾ ॥੧॥ ਮੇਰੇ ਮਨ ਜਪਿ ਰਾਮ ਨਾਮੁ ਹਰਿ ਮਾਝਾ ॥ ਹਰਿ ਹਰਿ ਕ੍ਰਿਪਾਲਿ ਕ੍ਰਿਪਾ ਪ੍ਰਭਿ ਧਾਰੀ ਗੁਰਿ ਗਿਆਨੁ ਦੀਓ ਮਨੁ ਸਮਝਾ ॥ ਰਹਾਉ ॥ ਹਰਿ ਕੀਰਤਿ ਕਲਜੁਗਿ ਪਦੁ ਊਤਮੁ ਹਰਿ ਪਾਈਐ ਸਤਿਗੁਰ ਮਾਝਾ ॥ ਹਉ ਬਲਿਹਾਰੀ ਸਤਿਗੁਰ ਅਪੁਨੇ ਜਿਨਿ ਗੁਪਤੁ ਨਾਮੁ ਪਰਗਾਝਾ ॥੨॥ ਦਰਸਨੁ ਸਾਧ ਮਿਲਿਓ ਵਡਭਾਗੀ ਸਭਿ ਕਿਲਬਿਖ ਗਏ ਗਵਾਝਾ ॥ ਸਤਿਗੁਰੁ ਸਾਹੁ ਪਾਇਆ ਵਡ ਦਾਣਾ ਹਰਿ ਕੀਏ ਬਹੁ ਗੁਣ ਸਾਝਾ ॥੩॥

ਜਿਨ ਕਉ ਕ੍ਰਿਪਾ ਕਰੀ ਜਗਜੀਵਨਿ ਹਰਿ ਉਰਿ ਧਾਰਿਓ ਮਨ ਮਾਝਾ ॥ ਧਰਮ ਰਾਇ ਦਰਿ ਕਾਗਦ ਫਾਰੇ ਜਨ ਨਾਨਕ ਲੇਖਾ ਸਮਝਾ ॥੪॥੫॥ {ਪੰਨਾ 697}

ਪਦਅਰਥ:- ਜਿਨ ਹਿਰਦੇ—ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ । ਤਿਨ ਮਾਤ—ਉਹਨਾਂ ਦੀ ਮਾਂ । ਬਾਂਝਾ—ਸੰਢ, ਜਿਸ ਦੇ ਘਰ ਸੰਤਾਨ ਪੈਦਾ ਨਾਹ ਹੋ ਸਕੇ । ਸੁੰਞੀ—ਸੱਖਣੀ । ਦੇਹ—ਕਾਂਇਆਂ, ਸਰੀਰ । ਓਇ—ਉਹ {ਲਫ਼ਜ਼ 'ਓਹ' ਤੋਂ ਬਹੁ-ਵਚਨ} । ਮੁਏ—ਆਤਮਕ ਮੌਤ ਮਰ ਗਏ । ਕਰਾਂਝਾ—ਕ੍ਰਝ ਕ੍ਰਝ ਕੇ ।੧।

ਮਾਝਾ—ਅੰਦਰ, ਜੋ ਅੰਦਰ ਹੀ ਵੱਸ ਰਿਹਾ ਹੈ । ਕ੍ਰਿਪਾਲਿ—ਕ੍ਰਿਪਾਲ ਨੇ । ਪ੍ਰਭਿ—ਪ੍ਰਭੂ ਨੇ । ਗੁਰਿ—ਗੁਰੂ ਨੇ ।ਰਹਾਉ।

ਕੀਰਤਿ—ਸਿਫ਼ਤਿ-ਸਾਲਾਹ । ਕਲਜੁਗਿ—ਜਗਤ ਵਿਚ । ਪਦੁ—ਆਤਮਕ ਦਰਜਾ । ਪਾਈਐ—ਮਿਲਦਾ ਹੈ । ਮਾਝਾ—ਦੀ ਰਾਹੀਂ । ਹਉ—ਮੈਂ । ਜਿਨਿ—ਜਿਸ (ਗੁਰੂ) ਨੇ {ਲਫ਼ਜ਼ 'ਜਿਨ' ਅਤੇ 'ਜਿਨਿ' ਦਾ ਫ਼ਰਕ ਚੇਤੇ ਰੱਖੋ} । ਗੁਪਤੁ—ਅੰਦਰ ਲੁਕਿਆ ਹੋਇਆ ।੨।

ਸਾਧ—ਗੁਰੂ । ਸਭਿ—ਸਾਰੇ । ਕਿਲਬਿਖ—ਪਾਪ । ਦਾਣਾ—ਦਾਨਾ, ਸਿਆਣਾ । ਸਾਝਾ—ਸਾਂਝੀਵਾਲ ।੩।

ਜਗ ਜੀਵਨਿ—ਜਗਤ ਦੇ ਜੀਵਨ (ਪ੍ਰਭੂ) ਨੇ । ਉਰਿ—ਹਿਰਦੇ ਵਿਚ । ਮਾਝਾ—ਵਿਚ । ਦਰਿ—ਦਰ ਤੇ । ਕਾਗਦ—ਕੀਤੇ ਕਰਮਾਂ ਦੇ ਲੇਖੇ ਦੇ ਕਾਗ਼ਜ਼ । ਫਾਰੇ—ਪਾੜ ਦਿੱਤੇ ਗਏ ।੪।

ਅਰਥ:- ਹੇ ਮੇਰੇ ਮਨ! ਉਸ ਪਰਮਾਤਮਾ ਦਾ ਨਾਮ ਜਪਿਆ ਕਰ, ਜੋ ਤੇਰੇ ਅੰਦਰ ਹੀ ਵੱਸ ਰਿਹਾ ਹੈ । ਹੇ ਭਾਈ! ਕ੍ਰਿਪਾਲ ਪ੍ਰਭੂ ਨੇ (ਜਿਸ ਮਨੁੱਖ ਉਤੇ) ਕਿਰਪਾ ਕੀਤੀ ਉਸ ਨੂੰ ਗੁਰੂ ਨੇ ਆਤਮਕ ਜੀਵਨ ਦੀ ਸੂਝ ਬਖ਼ਸ਼ੀ ਉਸ ਦਾ ਮਨ (ਨਾਮ ਜਪਣ ਦੀ ਕਦਰ) ਸਮਝ ਗਿਆ ।ਰਹਾਉ।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਨਹੀਂ ਵੱਸਦਾ, ਉਹਨਾਂ ਦੀ ਮਾਂ ਨੂੰ ਹਰੀ ਬਾਂਝ ਹੀ ਕਰ ਦਿਆ ਕਰੇ (ਤਾਂ ਚੰਗਾ ਹੈ, ਕਿਉਂਕਿ) ਉਹਨਾਂ ਦਾ ਸਰੀਰ ਹਰਿ-ਨਾਮ ਤੋਂ ਸੁੰਞਾ ਰਹਿੰਦਾ ਹੈ, ਉਹ ਨਾਮ ਤੋਂ ਵਾਂਜੇ ਹੀ ਤੁਰੇ ਫਿਰਦੇ ਹਨ, ਅਤੇ, ਉਹ ਕ੍ਰਝ ਕ੍ਰਝ ਕੇ ਖ਼ੁਆਰ ਹੋ ਹੋ ਕੇ ਆਤਮਕ ਮੌਤ ਸਹੇੜਦੇ ਰਹਿੰਦੇ ਹਨ ।੧।

ਹੇ ਭਾਈ! ਜਗਤ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੀ ਸਭ ਤੋਂ ਉੱਚਾ ਦਰਜਾ ਹੈ, (ਪਰ) ਪਰਮਾਤਮਾ ਗੁਰੂ ਦੀ ਰਾਹੀਂ (ਹੀ) ਮਿਲਦਾ ਹੈ । ਹੇ ਭਾਈ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ ਜਿਸ ਨੇ ਮੇਰੇ ਅੰਦਰ ਹੀ ਗੁੱਝੇ ਵੱਸਦੇ ਪਰਮਾਤਮਾ ਦਾ ਨਾਮ ਪਰਗਟ ਕਰ ਦਿੱਤਾ ।੨।

ਹੇ ਭਾਈ! ਜਿਸ ਮਨੁੱਖ ਨੂੰ ਵੱਡੇ ਭਾਗਾਂ ਨਾਲ ਗੁਰੂ ਦਾ ਦਰਸਨ ਪ੍ਰਾਪਤ ਹੁੰਦਾ ਹੈ, ਉਸ ਦੇ ਸਾਰੇ ਪਾਪ ਦੂਰ ਹੋ ਜਾਂਦੇ ਹਨ । ਜਿਸ ਨੂੰ ਵੱਡਾ ਸਿਆਣਾ ਤੇ ਸ਼ਾਹ ਗੁਰੂ ਮਿਲ ਪਿਆ, ਗੁਰੂ ਨੇ ਪਰਮਾਤਮਾ ਦੇ ਬਹੁਤੇ ਗੁਣਾਂ ਨਾਲ ਉਸ ਨੂੰ ਸਾਂਝੀਵਾਲ ਬਣਾ ਦਿੱਤਾ ।੩।

ਹੇ ਭਾਈ! ਜਗਤ ਦੇ ਜੀਵਨ ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਉਤੇ ਕਿਰਪਾ ਕੀਤੀ, ਉਹਨਾਂ ਨੇ ਆਪਣੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਦਾ ਨਾਮ ਟਿਕਾ ਲਿਆ । ਹੇ ਨਾਨਕ! (ਆਖ—ਹੇ ਭਾਈ) ਧਰਮਰਾਜ ਦੇ ਦਰ ਤੇ ਉਹਨਾਂ ਮਨੁੱਖਾਂ ਦੇ (ਕੀਤੇ ਕਰਮਾਂ ਦੇ ਲੇਖੇ ਦੇ ਸਾਰੇ) ਕਾਗ਼ਜ਼ ਪਾੜ ਦਿੱਤੇ ਗਏ, ਉਹਨਾਂ ਦਾਸਾਂ ਦਾ ਲੇਖਾ ਨਿੱਬੜ ਗਿਆ ।੪।੫।

ਜੈਤਸਰੀ ਮਹਲਾ ੪ ॥ ਸਤਸੰਗਤਿ ਸਾਧ ਪਾਈ ਵਡਭਾਗੀ ਮਨੁ ਚਲਤੌ ਭਇਓ ਅਰੂੜਾ ॥ ਅਨਹਤ ਧੁਨਿ ਵਾਜਹਿ ਨਿਤ ਵਾਜੇ ਹਰਿ ਅੰਮ੍ਰਿਤ ਧਾਰ ਰਸਿ ਲੀੜਾ ॥੧॥ ਮੇਰੇ ਮਨ ਜਪਿ ਰਾਮ ਨਾਮੁ ਹਰਿ ਰੂੜਾ ॥ ਮੇਰੈ ਮਨਿ ਤਨਿ ਪ੍ਰੀਤਿ ਲਗਾਈ ਸਤਿਗੁਰਿ ਹਰਿ ਮਿਲਿਓ ਲਾਇ ਝਪੀੜਾ ॥ ਰਹਾਉ ॥ ਸਾਕਤ ਬੰਧ ਭਏ ਹੈ ਮਾਇਆ ਬਿਖੁ ਸੰਚਹਿ ਲਾਇ ਜਕੀੜਾ ॥ ਹਰਿ ਕੈ ਅਰਥਿ ਖਰਚਿ ਨਹ ਸਾਕਹਿ ਜਮਕਾਲੁ ਸਹਹਿ ਸਿਰਿ ਪੀੜਾ ॥੨॥ ਜਿਨ ਹਰਿ ਅਰਥਿ ਸਰੀਰੁ ਲਗਾਇਆ ਗੁਰ ਸਾਧੂ ਬਹੁ ਸਰਧਾ ਲਾਇ ਮੁਖਿ ਧੂੜਾ ॥ ਹਲਤਿ ਪਲਤਿ ਹਰਿ ਸੋਭਾ ਪਾਵਹਿ ਹਰਿ ਰੰਗੁ ਲਗਾ ਮਨਿ ਗੂੜਾ ॥੩॥ ਹਰਿ ਹਰਿ ਮੇਲਿ ਮੇਲਿ ਜਨ ਸਾਧੂ ਹਮ ਸਾਧ ਜਨਾ ਕਾ ਕੀੜਾ ॥ ਜਨ ਨਾਨਕ ਪ੍ਰੀਤਿ ਲਗੀ ਪਗ ਸਾਧ ਗੁਰ ਮਿਲਿ ਸਾਧੂ ਪਾਖਾਣੁ ਹਰਿਓ ਮਨੁ ਮੂੜਾ ॥੪॥੬॥ {ਪੰਨਾ 698}

ਪਦਅਰਥ:- ਸਾਧ—ਗੁਰੂ! ਚਲਤੌ—ਭਟਕਦਾ, ਚੰਚਲ । ਅਰੂੜਾ—ਅਸਥਿਰ । ਅਨਹਤ—ਇਕ-ਰਸ, ਲਗਾਤਾਰ । ਧੁਨਿ—ਰੌ । ਵਾਜਹਿ—ਵੱਜਦੇ ਹਨ । ਅੰਮ੍ਰਿਤ ਧਾਰ—ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਧਾਰ । ਰਸਿ—ਪ੍ਰੇਮ ਨਾਲ । ਲੀੜਾ—ਲੇੜ੍ਹ ਲਿਆ, ਰੱਜ ਗਿਆ ।੧।

ਮਨ—ਹੇ ਮਨ! ਗੂੜਾ—ਸੋਹਣਾ । ਮਨਿ—ਮਨ ਵਿਚ । ਸਤਿਗੁਰਿ—ਗੁਰੂ ਨੇ । ਲਾਇ ਝਪੀੜਾ—ਜੱਫੀ ਪਾ ਕੇ । ਰਹਾਉ।

ਸਾਕਤ—ਪਰਮਾਤਮਾ ਨਾਲੋਂ ਟੁੱਟੇ ਹੋਏ । ਬੰਧ ਭਏ—ਬੱਝੇ ਪਏ । ਬਿਖੁ—(ਆਤਮਕ ਜੀਵਨ ਨੂੰ ਮੁਕਾਣ ਵਾਲੀ ਮਾਇਆ) ਜ਼ਹਿਰ । ਸੰਚਹਿ—ਇਕੱਠੀ ਕਰਦੇ ਹਨ । ਜਕੀੜਾ—ਹਠ, ਜ਼ੋਰ । ਕੈ ਅਰਥਿ—ਦੀ ਖ਼ਾਤਰ । ਸਿਰਿ—ਸਿਰ ਉਤੇ । ਜਮਕਾਲ ਪੀੜਾ—ਜਮਕਾਲ ਦਾ ਦੁੱਖ, ਮੌਤ ਦਾ ਦੁੱਖ ।੨।

ਹਰ ਅਰਥਿ—ਪਰਮਾਤਮਾ ਦੀ ਖ਼ਾਤਰ । ਸਾਧੂ—ਗੁਰੂ । ਮੁਖਿ—ਮੂੰਹ ਉਤੇ । ਧੂੜਾ—ਖ਼ਾਕ । ਹਲਤਿ—{A>} ਇਸ ਲੋਕ ਵਿਚ । ਪਲਤਿ—{pr>} ਪਰ ਲੋਕ ਵਿਚ । ਪਾਵਹਿ—ਪਾਂਦੇ ਹਨ, ਖੱਟਦੇ ਹਨ । ਰੰਗੁ—ਪ੍ਰੇਮ । ਮਨਿ—ਮਨ ਵਿਚ ।੩।

ਹਰਿ—ਹੇ ਹਰੀ! ਕੀੜਾ—ਨਿਮਾਣਾ ਦਾਸ । ਪਗ—ਪੈਰ । ਮਿਲਿ—ਮਿਲ ਕੇ । ਪਾਖਾਣੁ—ਪੱਥਰ, ਪੱਥਰ ਵਾਂਗ ਅਭਿੱਜ । ਮੂੜਾ—ਮੂਰਖ ।੪।

ਅਰਥ:- ਹੇ ਮੇਰੇ ਮਨ! ਸੋਹਣੇ ਪਰਮਾਤਮਾ ਦਾ ਨਾਮ (ਸਦਾ) ਜਪਿਆ ਕਰ । ਹੇ ਭਾਈ! ਗੁਰੂ ਨੇ ਮੇਰੇ ਮਨ ਵਿਚ, ਮੇਰੇ ਹਿਰਦੇ ਵਿਚ, ਪਰਮਾਤਮਾ ਦਾ ਪਿਆਰ ਪੈਦਾ ਕਰ ਦਿੱਤਾ ਹੈ, ਹੁਣ ਪਰਮਾਤਮਾ ਮੈਨੂੰ ਜੱਫੀ ਪਾ ਕੇ ਮਿਲ ਪਿਆ ਹੈ ।ਰਹਾਉ।

ਹੇ ਭਾਈ! ਜਿਸ ਮਨੁੱਖ ਨੇ ਵੱਡੇ ਭਾਗਾਂ ਨਾਲ ਗੁਰੂ ਦੀ ਸਾਧ ਸੰਗਤਿ ਪ੍ਰਾਪਤ ਕਰ ਲਈ, ਉਸ ਦਾ ਭਟਕਦਾ ਮਨ ਟਿਕ ਗਿਆ । ਉਸ ਦੇ ਅੰਦਰ ਇਕ-ਰਸ ਰੌ ਨਾਲ (ਮਾਨੋ) ਸਦਾ ਵਾਜੇ ਵੱਜਦੇ ਰਹਿੰਦੇ ਹਨ । ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਧਾਰ ਪ੍ਰੇਮ ਨਾਲ (ਪੀ ਪੀ ਕੇ) ਉਹ ਰੱਜ ਜਾਂਦਾ ਹੈ ।੧।

ਹੇ ਭਾਈ! ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਮਾਇਆ ਦੇ ਮੋਹ ਵਿਚ ਬੱਝੇ ਰਹਿੰਦੇ ਹਨ । ਉਹ ਜ਼ੋਰ ਲਾ ਕੇ (ਆਤਮਕ ਮੌਤ ਲਿਆਉਣ ਵਾਲੀ ਮਾਇਆ) ਜ਼ਹਿਰ ਹੀ ਇਕੱਠੀ ਕਰਦੇ ਰਹਿੰਦੇ ਹਨ । ਉਹ ਮਨੁੱਖ ਉਸ ਮਾਇਆ ਨੂੰ ਪਰਮਾਤਮਾ ਦੇ ਰਾਹ ਤੇ ਖ਼ਰਚ ਨਹੀਂ ਸਕਦੇ, (ਇਸ ਵਾਸਤੇ ਉਹ) ਆਤਮਕ ਮੌਤ ਦਾ ਦੁੱਖ ਆਪਣੇ ਸਿਰ ਉਤੇ ਸਹਾਰਦੇ ਹਨ ।੨।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਬੜੀ ਸਰਧਾ ਨਾਲ ਗੁਰੂ ਦੇ ਚਰਨਾਂ ਦੀ ਧੂੜ ਆਪਣੇ ਮੱਥੇ ਉਤੇ ਲਾ ਕੇ ਆਪਣਾ ਸਰੀਰ ਪਰਮਾਤਮਾ ਦੇ ਅਰਪਣ ਕਰ ਦਿੱਤਾ, ਉਹ ਮਨੁੱਖ ਇਸ ਲੋਕ ਵਿਚ ਪਰਲੋਕ ਵਿਚ ਸੋਭਾ ਖੱਟਦੇ ਹਨ, ਉਹਨਾਂ ਦੇ ਮਨ ਵਿਚ ਪਰਮਾਤਮਾ ਨਾਲ ਗੂੜ੍ਹਾ ਪਿਆਰ ਬਣ ਜਾਂਦਾ ਹੈ ।੩।

ਹੇ ਹਰੀ! ਹੇ ਪ੍ਰਭੂ! ਮੈਨੂੰ ਗੁਰੂ ਮਿਲਾ, ਮੈਨੂੰ ਗੁਰੂ ਮਿਲਾ, ਮੈਂ ਗੁਰੂ ਦੇ ਸੇਵਕਾਂ ਦਾ ਨਿਮਾਣਾ ਦਾਸ ਹਾਂ । ਹੇ ਦਾਸ ਨਾਨਕ! (ਆਖ—) ਜਿਸ ਮਨੁੱਖ ਦੇ ਅੰਦਰ ਗੁਰੂ ਦੇ ਚਰਨਾਂ ਦਾ ਪਿਆਰ ਬਣ ਜਾਂਦਾ ਹੈ, ਗੁਰੂ ਨੂੰ ਮਿਲ ਕੇ ਉਸ ਦਾ ਮੂਰਖ ਅਭਿੱਜ ਮਨ ਹਰਾ ਹੋ ਜਾਂਦਾ ਹੈ ।੪।੬।

ਜੈਤਸਰੀ ਮਹਲਾ ੪ ਘਰੁ ੨ ੧ੴ ਸਤਿਗੁਰ ਪ੍ਰਸਾਦਿ ॥ ਹਰਿ ਹਰਿ ਸਿਮਰਹੁ ਅਗਮ ਅਪਾਰਾ ॥ ਜਿਸੁ ਸਿਮਰਤ ਦੁਖੁ ਮਿਟੈ ਹਮਾਰਾ ॥ ਹਰਿ ਹਰਿ ਸਤਿਗੁਰੁ ਪੁਰਖੁ ਮਿਲਾਵਹੁ ਗੁਰਿ ਮਿਲਿਐ ਸੁਖੁ ਹੋਈ ਰਾਮ ॥੧॥ ਹਰਿ ਗੁਣ ਗਾਵਹੁ ਮੀਤ ਹਮਾਰੇ ॥ ਹਰਿ ਹਰਿ ਨਾਮੁ ਰਖਹੁ ਉਰ ਧਾਰੇ ॥ ਹਰਿ ਹਰਿ ਅੰਮ੍ਰਿਤ ਬਚਨ ਸੁਣਾਵਹੁ ਗੁਰ ਮਿਲਿਐ ਪਰਗਟੁ ਹੋਈ ਰਾਮ ॥੨॥ ਮਧੁਸੂਦਨ ਹਰਿ ਮਾਧੋ ਪ੍ਰਾਨਾ ॥ ਮੇਰੈ ਮਨਿ ਤਨਿ ਅੰਮ੍ਰਿਤ ਮੀਠ ਲਗਾਨਾ ॥ ਹਰਿ ਹਰਿ ਦਇਆ ਕਰਹੁ ਗੁਰੁ ਮੇਲਹੁ ਪੁਰਖੁ ਨਿਰੰਜਨੁ ਸੋਈ ਰਾਮ ॥੩॥ ਹਰਿ ਹਰਿ ਨਾਮੁ ਸਦਾ ਸੁਖਦਾਤਾ ॥ ਹਰਿ ਕੈ ਰੰਗਿ ਮੇਰਾ ਮਨੁ ਰਾਤਾ ॥ ਹਰਿ ਹਰਿ ਮਹਾ ਪੁਰਖੁ ਗੁਰੁ ਮੇਲਹੁ ਗੁਰ ਨਾਨਕ ਨਾਮਿ ਸੁਖੁ ਹੋਈ ਰਾਮ ॥੪॥੧॥੭॥ {ਪੰਨਾ 693}

ਪਦਅਰਥ:- ਅਗਮ—ਅਪਹੁੰਚ । ਅਪਾਰਾ—ਪਾਰ-ਰਹਿਤ, ਬੇਅੰਤ । ਹਮਾਰਾ—ਅਸਾਂ ਜੀਵਾਂ ਦਾ । ਹਰਿ—ਹੇ ਹਰੀ! ਗੁਰਿ ਮਿਲਿਐ—ਜੇ ਗੁਰੂ ਮਿਲ ਪਏ ।੧।

ਮੀਤ ਹਮਾਰੇ—ਹੇ ਸਾਡੇ ਮਿੱਤਰੋ! ਉਰ—ਹਿਰਦਾ । ਧਾਰੇ—ਧਾਰਿ, ਟਿਕਾ ਕੇ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੇ । ਪਰਗਟੁ—ਪਰਤੱਖ ।੨।

ਮਧੁ ਸੂਦਨ—{ਮਧੁ ਰਾਖਸ਼ ਨੂੰ ਮਾਰਨ ਵਾਲਾ} ਹੇ ਪ੍ਰਭੂ! ਮਾਧੋ—{ਮਾ-ਧਵ—ਮਾਇਆ ਦਾ ਪਤੀ} ਹੇ ਹਰੀ! ਪ੍ਰਾਨਾ—ਹੇ ਮੇਰੀ ਜਿੰਦ (ਦੇ ਸਹਾਰੇ)! ਮਨਿ—ਮਨ ਵਿਚ । ਤਨਿ—ਹਿਰਦੇ ਵਿਚ । ਨਿਰੰਜਨੁ—ਨਿਰਲੇਪ {ਨਿਰ-ਅੰਜਨੁ । ਅੰਜਨ—ਮਾਇਆ ਦੀ ਕਾਲਖ਼} ।੩।

ਕੈ ਰੰਗਿ—ਦੇ ਪ੍ਰੇਮ ਵਿਚ । ਰਾਤਾ—ਮਗਨ । ਗੁਰ—ਹੇ ਗੁਰੂ! ਨਾਮਿ—ਨਾਮ ਦੀ ਰਾਹੀਂ ।੪।

ਅਰਥ:- ਹੇ ਭਾਈ! ਉਸ ਅਪਹੁੰਚ ਅਤੇ ਬੇਅੰਤ ਪਰਮਾਤਮਾ ਦਾ ਨਾਮ ਸਿਮਰਿਆ ਕਰੋ, ਜਿਸ ਨੂੰ ਸਿਮਰਿਆਂ ਅਸਾਂ ਜੀਵਾਂ ਦਾ ਹਰੇਕ ਦੁੱਖ ਦੂਰ ਹੋ ਸਕਦਾ ਹੈ । ਹੇ ਹਰੀ! ਹੇ ਪ੍ਰਭੂ! ਸਾਨੂੰ ਗੁਰੂ ਮਹਾ ਪੁਰਖ ਮਿਲਾ ਦੇ । ਜੇ ਗੁਰੂ ਮਿਲ ਪਏ, ਤਾਂ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ ।੧।

ਹੇ ਮੇਰੇ ਮਿੱਤਰੋ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰੋ, ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਟਿਕਾਈ ਰੱਖੋ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਆਤਮਕ ਜੀਵਨ ਦੇਣ ਵਾਲੇ ਬੋਲ (ਮੈਨੂੰ ਭੀ) ਸੁਣਾਇਆ ਕਰੋ । (ਹੇ ਮਿੱਤਰੋ! ਗੁਰੂ ਦੀ ਸਰਨ ਪਏ ਰਹੋ), ਜੇ ਗੁਰੂ ਮਿਲ ਪਏ, ਤਾਂ ਪਰਮਾਤਮਾ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ ।੨।

ਹੇ ਦੂਤਾਂ ਦੇ ਨਾਸ ਕਰਨ ਵਾਲੇ! ਹੇ ਮਾਇਆ ਦੇ ਪਤੀ! ਹੇ ਮੇਰੀ ਜਿੰਦ (ਦੇ ਸਹਾਰੇ)! ਮੇਰੇ ਮਨ ਵਿਚ, ਮੇਰੇ

ਹਿਰਦੇ ਵਿਚ, ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ ਮਿੱਠਾ ਲੱਗ ਰਿਹਾ ਹੈ । ਹੇ ਹਰੀ! ਹੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਨੂੰ ਉਹ ਮਹਾ ਪੁਰਖ ਗੁਰੂ ਮਿਲਾ ਜੋ ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ ।੩।

ਹੇ ਭਾਈ! ਪਰਮਾਤਮਾ ਦਾ ਨਾਮ ਸਦਾ ਸੁਖ ਦੇਣ ਵਾਲਾ ਹੈ । ਮੇਰਾ ਮਨ ਉਸ ਪਰਮਾਤਮਾ ਦੇ ਪਿਆਰ ਵਿਚ ਮਸਤ ਰਹਿੰਦਾ ਹੈ । ਹੇ ਨਾਨਕ! (ਆਖ—) ਹੇ ਹਰੀ! ਮੈਨੂੰ ਗੁਰੂ ਮਹਾ ਪੁਰਖ ਮਿਲਾ । ਹੇ ਗੁਰੂ! (ਤੇਰੇ ਬਖ਼ਸ਼ੇ) ਹਰਿ-ਨਾਮ ਵਿਚ ਜੁੜਿਆਂ ਆਤਮਕ ਆਨੰਦ ਮਿਲਦਾ ਹੈ ।੪।੧।੭।

ਜੈਤਸਰੀ ਮਃ ੪ ॥ ਹਰਿ ਹਰਿ ਹਰਿ ਹਰਿ ਨਾਮੁ ਜਪਾਹਾ ॥ ਗੁਰਮੁਖਿ ਨਾਮੁ ਸਦਾ ਲੈ ਲਾਹਾ ॥ ਹਰਿ ਹਰਿ ਹਰਿ ਹਰਿ ਭਗਤਿ ਦ੍ਰਿੜਾਵਹੁ ਹਰਿ ਹਰਿ ਨਾਮੁ ਓੁਮਾਹਾ ਰਾਮ ॥੧॥ ਹਰਿ ਹਰਿ ਨਾਮੁ ਦਇਆਲੁ ਧਿਆਹਾ ॥ ਹਰਿ ਕੈ ਰੰਗਿ ਸਦਾ ਗੁਣ ਗਾਹਾ ॥ ਹਰਿ ਹਰਿ ਹਰਿ ਜਸੁ ਘੂਮਰਿ ਪਾਵਹੁ ਮਿਲਿ ਸਤਸੰਗਿ ਓੁਮਾਹਾ ਰਾਮ ॥੨॥ ਆਉ ਸਖੀ ਹਰਿ ਮੇਲਿ ਮਿਲਾਹਾ ॥ ਸੁਣਿ ਹਰਿ ਕਥਾ ਨਾਮੁ ਲੈ ਲਾਹਾ ॥ ਹਰਿ ਹਰਿ ਕ੍ਰਿਪਾ ਧਾਰਿ ਗੁਰ ਮੇਲਹੁ ਗੁਰਿ ਮਿਲਿਐ ਹਰਿ ਓੁਮਾਹਾ ਰਾਮ ॥੩॥ ਕਰਿ ਕੀਰਤਿ ਜਸੁ ਅਗਮ ਅਥਾਹਾ ॥ ਖਿਨੁ ਖਿਨੁ ਰਾਮ ਨਾਮੁ ਗਾਵਾਹਾ ॥ ਮੋ ਕਉ ਧਾਰਿ ਕ੍ਰਿਪਾ ਮਿਲੀਐ ਗੁਰ ਦਾਤੇ ਹਰਿ ਨਾਨਕ ਭਗਤਿ ਓੁਮਾਹਾ ਰਾਮ ॥੪॥੨॥੮॥ {ਪੰਨਾ 698}

ਪਦਅਰਥ:- ਜਪਾਹਾ—ਜਪੋ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਲੈ—ਲਵੋ । ਲਾਹਾ—ਲਾਭ, ਖੱਟੀ । ਦ੍ਰਿੜਾਵਹੁ—ਹਿਰਦੇ ਵਿਚ ਪੱਕੀ ਕਰੋ । ਓੁਮਾਹਾ—ਚਾਉ, ਉਤਸ਼ਾਹ, ਆਨੰਦ {ਅੱਖਰ 'ੳ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ । ਅਸਲ ਲਫ਼ਜ਼ 'ਓਮਾਹਾ' ਹੈ, ਇਥੇ 'ਉਮਾਹਾ' ਪੜ੍ਹਨਾ ਹੈ} ।੧।

ਦਇਆਲੁ—ਦਇਆ ਦਾ ਘਰ, ਦਇਆ ਦਾ ਪੁੰਜ । ਧਿਆਹਾ—ਧਿਆਵੋ । ਕੈ ਰੰਗਿ—ਦੇ ਪ੍ਰੇਮ ਵਿਚ । ਗਾਹਾ—ਗਾਵੋ । ਜਸੁ—ਸਿਫ਼ਤਿ-ਸਾਲਾਹ । ਘੂਮਰਿ—ਘੁਮ ਘੁਮ ਕੇ ਨਾਚ, ਮਸਤ ਕਰਨ ਵਾਲਾ ਨਾਚ । ਮਿਲਿ—ਮਿਲ ਕੇ । ਸਤ ਸੰਗਿ—ਸਤ ਸੰਗ ਵਿਚ ।੨।

ਸਖੀ—ਹੇ ਸਹੇਲੀਹੋ! ਹੇ ਸਤਸੰਗੀਓ! ਮੇਲਿ—ਮਿਲਾਪ ਵਿਚ, ਚਰਨਾਂ ਵਿਚ । ਮਿਲਾਹਾ—ਮਿਲੋ । ਸੁਣਿ—ਸੁਣ ਕੇ । ਹਰਿ—ਹੇ ਹਰੀ! ਗੁਰਿ ਮਿਲਿਐ—ਜੇ ਗੁਰੂ ਮਿਲ ਪਏ ।੩।

ਕਰਿ—ਕਰ ਕੇ । ਕੀਰਤਿ—ਸਿਫ਼ਤਿ-ਸਾਲਾਹ । ਅਥਾਹਾ—ਡੂੰਘਾ, ਡੂੰਘੇ ਜਿਗਰੇ ਵਾਲਾ । ਖਿਨੁ ਖਿਨੁ—ਹਰ ਛਿਨ, ਹਰ ਵੇਲੇ । ਗਵਾਹਾ—ਗਾਵੋ । ਮੋ ਕਉ—ਮੈਨੂੰ । ਕਉ—ਨੂੰ । ਗੁਰ—ਹੇ ਗੁਰੂ! ।੪।

ਅਰਥ:- ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਜਪਿਆ ਕਰੋ । ਗੁਰੂ ਦੀ ਸਰਨ ਪੈ ਕੇ ਸਦਾ ਪਰਮਾਤਮਾ ਦਾ ਨਾਮ-ਖੱਟੀ ਖੱਟਦੇ ਰਹੋ । ਹੇ ਭਾਈ! ਪਰਮਾਤਮਾ ਦੀ ਭਗਤੀ ਆਪਣੇ ਹਿਰਦੇ ਵਿਚ ਪੱਕੀ ਕਰ ਕੇ ਟਿਕਾ ਲਵੋ । ਪਰਮਾਤਮਾ ਦਾ ਨਾਮ (ਮਨੁੱਖ ਦੇ ਮਨ ਵਿਚ) ਆਨੰਦ ਪੈਦਾ ਕਰਦਾ ਹੈ ।੧।

ਹੇ ਭਾਈ! ਪਰਮਾਤਮਾ ਦਇਆ ਦਾ ਸੋਮਾ ਹੈ, ਉਸ ਦਾ ਨਾਮ ਸਦਾ ਸਿਮਰਦੇ ਰਹੋ । ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਟਿਕ ਕੇ ਉਸ ਦੇ ਗੁਣ ਗਾਂਦੇ ਰਹੋ । ਹੇ ਭਾਈ! ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹੋ (ਸਿਫ਼ਤਿ-ਸਾਲਾਹ ਮਨ ਨੂੰ ਮਸਤ ਕਰਨ ਵਾਲਾ ਨਾਚ ਹੈ, ਇਹ) ਨਾਚ ਨੱਚੋ । ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ ਆਤਮਕ ਆਨੰਦ ਮਾਣਿਆ ਕਰੋ ।੨।

ਹੇ ਸੰਤ ਸੰਗੀਓ! ਆਓ, ਰਲ ਕੇ ਪ੍ਰਭੂ ਦੇ ਚਰਨਾਂ ਵਿਚ ਜੁੜੀਏ । ਹੇ ਸਤ ਸੰਗੀਓ! ਪਰਮਾਤਮਾ ਦੀ ਸਿਫ਼ਤਿ-

ਸਾਲਾਹ ਦੀਆਂ ਗੱਲਾਂ ਸੁਣ ਕੇ ਪਰਮਾਤਮਾ ਦੇ ਨਾਮ-ਸਿਮਰਨ ਦੀ ਖੱਟੀ ਖੱਟਦੇ ਰਹੋ । (ਪ੍ਰਭੂ-ਦਰ ਤੇ ਅਰਦਾਸ ਕਰੋ—) ਹੇ ਪ੍ਰਭੂ! ਮੇਹਰ ਕਰ, (ਸਾਨੂੰ) ਗੁਰੂ ਮਿਲਾ । ਹੇ ਸਤ ਸੰਗੀਓ! ਜੇ ਗੁਰੂ ਮਿਲ ਪਏ, ਤਾਂ (ਹਿਰਦੇ ਵਿਚ) ਆਨੰਦ ਪੈਦਾ ਹੋ ਜਾਂਦਾ ਹੈ ।੩।

ਹੇ ਭਾਈ! ਉਸ ਅਪਹੁੰਚ ਅਤੇ ਡੂੰਘੇ ਜਿਗਰੇ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ ਕੇ, ਜਸ ਕਰ ਕੇ, ਹਰ ਵੇਲੇ ਉਸ ਦਾ ਨਾਮ ਜਪਿਆ ਕਰੋ । ਹੇ ਨਾਨਕ! (ਆਖ—) ਹੇ ਨਾਮ ਦੀ ਦਾਤਿ ਦੇਣ ਵਾਲੇ ਗੁਰੂ! ਮੇਰੇ ਉਤੇ ਮੇਹਰ ਕਰ, ਮੈਨੂੰ ਮਿਲ, (ਤੇਰੇ ਮਿਲਾਪ ਦੀ ਬਰਕਤਿ ਨਾਲ ਮੇਰੇ ਅੰਦਰ) ਭਗਤੀ ਕਰਨ ਦਾ ਚਾਉ ਪੈਦਾ ਹੋਵੇ ।੪।੨।੮।

ਜੈਤਸਰੀ ਮਃ ੪ ॥ ਰਸਿ ਰਸਿ ਰਾਮੁ ਰਸਾਲੁ ਸਲਾਹਾ ॥ ਮਨੁ ਰਾਮ ਨਾਮਿ ਭੀਨਾ ਲੈ ਲਾਹਾ ॥ ਖਿਨੁ ਖਿਨੁ ਭਗਤਿ ਕਰਹ ਦਿਨੁ ਰਾਤੀ ਗੁਰਮਤਿ ਭਗਤਿ ਉਮਾਹਾ ਰਾਮ ॥੧॥ ਹਰਿ ਹਰਿ ਗੁਣ ਗੋਵਿੰਦ ਜਪਾਹਾ ॥ ਮਨੁ ਤਨੁ ਜੀਤਿ ਸਬਦੁ ਲੈ ਲਾਹਾ ॥ ਗੁਰਮਤਿ ਪੰਚ ਦੂਤ ਵਸਿ ਆਵਹਿ ਮਨਿ ਤਨਿ ਹਰਿ ਓਮਾਹਾ ਰਾਮ ॥੨॥ ਨਾਮੁ ਰਤਨੁ ਹਰਿ ਨਾਮੁ ਜਪਾਹਾ ॥ ਹਰਿ ਗੁਣ ਗਾਇ ਸਦਾ ਲੈ ਲਾਹਾ ॥ ਦੀਨ ਦਇਆਲ ਕ੍ਰਿਪਾ ਕਰਿ ਮਾਧੋ ਹਰਿ ਹਰਿ ਨਾਮੁ ਉਮਾਹਾ ਰਾਮ ॥੩॥ ਜਪਿ ਜਗਦੀਸੁ ਜਪਉ ਮਨ ਮਾਹਾ ॥ ਹਰਿ ਹਰਿ ਜਗੰਨਾਥੁ ਜਗਿ ਲਾਹਾ ॥ ਧਨੁ ਧਨੁ ਵਡੇ ਠਾਕੁਰ ਪ੍ਰਭ ਮੇਰੇ ਜਪਿ ਨਾਨਕ ਭਗਤਿ ਓਮਾਹਾ ਰਾਮ ॥੪॥੩॥੯॥ {ਪੰਨਾ 699}

ਪਦਅਰਥ:- ਰਸਿ—ਆਨੰਦ ਨਾਲ । ਰਸਾਲੁ—(ਰਸ-ਆਲਯ) ਰਸਾਂ ਦਾ ਘਰ, ਰਸੀਲਾ । ਸਲਾਹਾ—ਅਸੀ ਸਲਾਹੁੰਦੇ ਹਾਂ । ਨਾਮਿ—ਨਾਮ ਵਿਚ । ਭੀਨਾ—ਭਿੱਜ ਗਿਆ । ਲਾਹਾ—ਲਾਭ । ਕਰਹ—ਅਸੀ ਕਰਦੇ ਹਾਂ । ਉਮਾਹਾ—ਉਤਸ਼ਾਹ, ਚਾਉ ।੧।

ਜਪਾਹਾ—ਅਸੀ ਜਪਦੇ ਹਾਂ । ਜੀਤਿ—ਜਿੱਤ ਕੇ, ਵੱਸ ਵਿਚ ਕਰ ਕੇ । ਦੂਤ—(ਕਾਮਾਦਿਕ) ਵੈਰੀ । ਵਸਿ—ਵੱਸ ਵਿਚ । ਆਵਹਿ—ਆ ਜਾਂਦੇ ਹਨ ।੨।

ਗਾਇ—ਗਾ ਕੇ । ਦੀਨ ਦਇਆਲ—ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਮਾਧੋ—ਹੇ ਮਾਇਆ ਦੇ ਪਤੀ! ।੩।

ਜਗਦੀਸੁ—ਜਗਤ ਦਾ ਮਾਲਕ (ਜਗਤ-ਈਸ਼) । ਜਪਉ—ਜਪਉਂ, ਮੈਂ ਜਪਦਾ ਹਾਂ । ਮਾਹਾ—ਵਿਚ । ਜਗੰਨਾਥੁ—ਜਗਤ ਦਾ ਨਾਥ । ਜਗਿ—ਜਗਤ ਵਿਚ । ਧਨੁ ਧਨੁ—ਸਲਾਹੁਣ-ਜੋਗ । ਪ੍ਰਭ—ਹੇ ਪ੍ਰਭੂ! ।੪।

ਅਰਥ:- ਹੇ ਭਾਈ! ਅਸੀ ਬੜੇ ਆਨੰਦ ਨਾਲ ਰਸੀਲੇ ਰਾਮ ਦੀ ਸਿਫ਼ਤਿ-ਸਾਲਾਹ ਕਰਦੇ ਹਾਂ । ਸਾਡਾ ਮਨ ਰਾਮ ਦੇ ਨਾਮ-ਰਸ ਵਿਚ ਭਿੱਜ ਰਿਹਾ ਹੈ, ਅਸੀ (ਹਰਿ-ਨਾਮ ਦੀ) ਖੱਟੀ ਖੱਟ ਰਹੇ ਹਾਂ । ਅਸੀ ਹਰ ਵੇਲੇ ਦਿਨ ਰਾਤ ਪਰਮਾਤਮਾ ਦੀ ਭਗਤੀ ਕਰਦੇ ਹਾਂ । ਗੁਰੂ ਦੀ ਮਤਿ ਦੀ ਬਰਕਤਿ ਨਾਲ (ਸਾਡੇ ਅੰਦਰ ਪ੍ਰਭੂ ਦੀ) ਭਗਤੀ ਦਾ ਚਾਉ ਬਣ ਰਿਹਾ ਹੈ ।੧।

ਹੇ ਭਾਈ! ਅਸੀ ਗੋਬਿੰਦ ਹਰੀ ਦੇ ਗੁਣ ਗਾ ਰਹੇ ਹਾਂ (ਇਸੇ ਤਰ੍ਹਾਂ ਆਪਣੇ) ਮਨ ਨੂੰ ਸਰੀਰ ਨੂੰ ਵੱਸ ਵਿਚ ਕਰ ਕੇ ਗੁਰੂ-ਸ਼ਬਦ (ਦਾ) ਲਾਭ ਪ੍ਰਾਪਤ ਕਰ ਰਹੇ ਹਾਂ । ਹੇ ਭਾਈ! ਗੁਰੂ ਦੀ ਮਤਿ ਲਿਆਂ (ਕਾਮਾਦਿਕ) ਪੰਜੇ ਵੈਰੀ ਵੱਸ ਵਿਚ ਆ ਜਾਂਦੇ ਹਨ, ਮਨ ਵਿਚ ਹਿਰਦੇ ਵਿਚ ਹਰਿ-ਨਾਮ ਜਪਣ ਦਾ ਉਤਸ਼ਾਹ ਬਣ ਜਾਂਦਾ ਹੈ ।੨।

ਹੇ ਭਾਈ! ਹਰਿ-ਨਾਮ ਰਤਨ (ਵਰਗਾ ਕੀਮਤੀ ਪਦਾਰਥ ਹੈ, ਅਸੀ ਇਹ) ਹਰਿ-ਨਾਮ ਜਪ ਰਹੇ ਹਾਂ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਸਦਾ ਕਾਇਮ ਰਹਿਣ ਵਾਲੀ ਖੱਟੀ ਖੱਟ ਰਹੇ ਹਾਂ । ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਭੂ! ਮੇਹਰ ਕਰ, ਸਾਡੇ ਮਨ ਵਿਚ ਤੇਰਾ ਨਾਮ ਜਪਣ ਦਾ ਚਾਉ ਬਣਿਆ ਰਹੇ ।੩।

ਹੇ ਨਾਨਕ! (ਆਖ—) ਹੇ ਸਲਾਹੁਣ-ਜੋਗ ਪ੍ਰਭੂ! ਹੇ ਮੇਰੇ ਸਭ ਤੋਂ ਵੱਡੇ ਮਾਲਕ! ਮੈਂ ਤੈਨੂੰ ਜਗਤ ਦੇ ਮਾਲਕ ਨੂੰ ਆਪਣੇ ਮਨ ਵਿਚ ਸਦਾ ਜਪਦਾ ਰਹਾਂ (ਕਿਉਂਕਿ) ਹੇ ਹਰੀ! ਤੈਨੂੰ ਜਗਤ ਦੇ ਨਾਥ ਨੂੰ ਸਦਾ ਜਪਣਾ ਹੀ ਜਗਤ ਵਿਚ (ਅਸਲ) ਲਾਭ ਹੈ, (ਮੇਹਰ ਕਰ, ਤੇਰਾ ਨਾਮ) ਜਪ ਕੇ (ਮੇਰੇ ਅੰਦਰ ਤੇਰੀ) ਭਗਤੀ ਦਾ ਉਤਸ਼ਾਹ ਬਣਿਆ ਰਹੇ ।੪।੨।੯।

ਜੈਤਸਰੀ ਮਹਲਾ ੪ ॥ ਆਪੇ ਜੋਗੀ ਜੁਗਤਿ ਜੁਗਾਹਾ ॥ ਆਪੇ ਨਿਰਭਉ ਤਾੜੀ ਲਾਹਾ ॥ ਆਪੇ ਹੀ ਆਪਿ ਆਪਿ ਵਰਤੈ ਆਪੇ ਨਾਮਿ ਉਮਾਹਾ ਰਾਮ ॥੧॥ ਆਪੇ ਦੀਪ ਲੋਅ ਦੀਪਾਹਾ ॥ ਆਪੇ ਸਤਿਗੁਰੁ ਸਮੁੰਦੁ ਮਥਾਹਾ ॥ ਆਪੇ ਮਥਿ ਮਥਿ ਤਤੁ ਕਢਾਏ ਜਪਿ ਨਾਮੁ ਰਤਨੁ ਉਮਾਹਾ ਰਾਮ ॥੨॥ ਸਖੀ ਮਿਲਹੁ ਮਿਲਿ ਗੁਣ ਗਾਵਾਹਾ ॥ ਗੁਰਮੁਖਿ ਨਾਮੁ ਜਪਹੁ ਹਰਿ ਲਾਹਾ ॥ ਹਰਿ ਹਰਿ ਭਗਤਿ ਦ੍ਰਿੜੀ ਮਨਿ ਭਾਈ ਹਰਿ ਹਰਿ ਨਾਮੁ ਉਮਾਹਾ ਰਾਮ ॥੩॥ ਆਪੇ ਵਡ ਦਾਣਾ ਵਡ ਸਾਹਾ ॥ ਗੁਰਮੁਖਿ ਪੂੰਜੀ ਨਾਮੁ ਵਿਸਾਹਾ ॥ ਹਰਿ ਹਰਿ ਦਾਤਿ ਕਰਹੁ ਪ੍ਰਭ ਭਾਵੈ ਗੁਣ ਨਾਨਕ ਨਾਮੁ ਉਮਾਹਾ ਰਾਮ ॥੪॥੪॥੧੦॥ {ਪੰਨਾ 699}

ਪਦਅਰਥ:- ਆਪੇ—ਆਪ ਹੀ । ਜੁਗਾਹਾ—ਸਾਰੇ ਜੁਗਾਂ ਵਿਚ । ਤਾੜੀ—ਸਮਾਧੀ । ਨਾਮਿ—ਨਾਮ ਵਿਚ (ਜੋੜ ਕੇ) । ਉਮਾਹਾ—ਉਤਸ਼ਾਹ, ਚਾਉ ।੧।

ਦੀਪ—ਜਜ਼ੀਰੇ । ਲੋਅ—ਲੋਕ, ਭਵਨ {ਬਹੁ-ਵਚਨ} । ਦੀਪਾਹਾ—ਰੌਸ਼ਨੀ ਕਰਨ ਵਾਲਾ । ਮਥਾਹਾ—ਰਿੜਕਦਾ । ਮਥਿ—ਰਿੜਕ ਕੇ । ਤਤੁ—ਮੱਖਣ, ਅਸਲੀਅਤ ।੨।

ਸਖੀ—ਹੇ ਸਹੇਲੀਹੋ! ਮਿਲਿ—ਮਿਲ ਕੇ । ਗਾਵਾਹਾ—ਗਾਵੀਏ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਲਾਹਾ—ਲਾਭ । ਦ੍ਰਿੜੀ—ਹਿਰਦੇ ਵਿਚ ਪੱਕੀ ਕੀਤੀ । ਮਨਿ—ਮਨ ਵਿਚ । ਭਾਈ—ਪਿਆਰੀ ਲੱਗੀ ।੩।

ਦਾਣਾ—ਦਾਨਾ, ਸਿਆਣਾ । ਸਾਹਾ—ਸ਼ਾਹ । ਪੂੰਜੀ—ਸਰਮਾਇਆ । ਵਿਸਾਹਾ—ਖ਼ਰੀਦਦਾ । ਪ੍ਰਭ—ਹੇ ਪ੍ਰਭੂ! ਹਰਿ—ਹੇ ਹਰੀ! ।੪।

ਅਰਥ:- ਹੇ ਭਾਈ! ਪਰਮਾਤਮਾ ਆਪ ਹੀ ਜੋਗੀ ਹੈ, ਆਪ ਹੀ ਸਭ ਜੁਗਾਂ ਵਿਚ ਜੋਗ ਦੀ ਜੁਗਤਿ ਹੈ, ਆਪ ਹੀ ਨਿਡਰ ਹੋ ਕੇ ਸਮਾਧੀ ਲਾਂਦਾ ਹੈ । ਸਭ ਥਾਂ ਆਪ ਹੀ ਆਪ ਕੰਮ ਕਰ ਰਿਹਾ ਹੈ, ਆਪ ਹੀ ਨਾਮ ਵਿਚ ਜੋੜ ਕੇ ਸਿਮਰਨ ਦਾ ਉਤਸ਼ਾਹ ਦੇ ਰਿਹਾ ਹੈ ।੧।

ਹੇ ਭਾਈ! ਪ੍ਰਭੂ ਆਪ ਹੀ ਜਜ਼ੀਰੇ ਹੈ, ਆਪ ਹੀ ਸਾਰੇ ਭਵਨ ਹੈ, ਆਪ ਹੀ (ਸਾਰੇ ਭਵਨਾਂ ਵਿਚ) ਚਾਨਣ ਹੈ । ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ (ਬਾਣੀ ਦਾ) ਸਮੁੰਦਰ ਹੈ, ਆਪ ਹੀ (ਇਸ ਸਮੁੰਦਰ ਨੂੰ) ਰਿੜਕਣ ਵਾਲਾ (ਵਿਚਾਰਨ ਵਾਲਾ) ਹੈ । ਆਪ ਹੀ (ਬਾਣੀ ਦੇ ਸਮੁੰਦਰ ਨੂੰ) ਰਿੜਕ ਰਿੜਕ (ਵਿਚਾਰ-ਵਿਚਾਰ) ਕੇ (ਇਸ ਵਿਚੋਂ) ਮੱਖਣ (ਅਸਲੀਅਤ) ਲਭਾਂਦਾ ਹੈ, ਆਪ ਹੀ (ਆਪਣਾ) ਰਤਨ ਵਰਗਾ ਕੀਮਤੀ ਨਾਮ ਜਪ ਕੇ (ਜੀਵਾਂ ਦੇ

ਅੰਦਰ ਜਪਣ ਦਾ) ਚਾਉ ਪੈਦਾ ਕਰਦਾ ਹੈ ।੨।

ਹੇ ਸਤਸੰਗੀਓ! ਇਕੱਠੇ ਹੋਵੇ, ਆਓ, ਇਕੱਠੇ ਹੋ ਕੇ ਪ੍ਰਭੂ ਦੇ ਗੁਣ ਗਾਵੀਏ । ਹੇ ਸਤਸੰਗੀਓ! ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਜਪੋ, (ਇਹੀ ਹੈ ਜੀਵਨ ਦਾ) ਲਾਭ । ਜਿਸ ਮਨੁੱਖ ਨੇ ਪ੍ਰਭੂ ਦੀ ਭਗਤੀ ਆਪਣੇ ਹਿਰਦੇ ਵਿਚ ਪੱਕੀ ਬਿਠਾ ਲਈ, ਜਿਸ ਨੂੰ ਪ੍ਰਭੂ ਦੀ ਭਗਤੀ ਮਨ ਵਿਚ ਪਿਆਰੀ ਲੱਗੀ, ਪ੍ਰਭੂ ਦਾ ਨਾਮ ਉਸ ਦੇ ਅੰਦਰ (ਸਿਮਰਨ ਦਾ) ਉਤਸ਼ਾਹ ਪੈਦਾ ਕਰਦਾ ਹੈ ।੩।

ਹੇ ਭਾਈ! ਪ੍ਰਭੂ ਆਪ ਹੀ ਬੜਾ ਸਿਆਣਾ ਵੱਡਾ ਸ਼ਾਹ ਹੈ । ਹੇ ਭਾਈ! ਗੁਰੂ ਦੀ ਸਰਨ ਪੈ ਕੇ ਉਸ ਦਾ ਨਾਮ-ਸਰਮਾਇਆ ਇਕੱਠਾ ਕਰੋ । ਹੇ ਨਾਨਕ! (ਆਖ—) ਹੇ ਹਰੀ! ਹੇ ਪ੍ਰਭੂ! (ਮੈਨੂੰ ਆਪਣੇ ਨਾਮ ਦੀ) ਦਾਤਿ ਬਖ਼ਸ਼, ਜੇ ਤੈਨੂੰ ਚੰਗਾ ਲੱਗੇ, ਤਾਂ ਮੇਰੇ ਅੰਦਰ ਤੇਰਾ ਨਾਮ ਵੱਸੇ, ਤੇਰੇ ਗੁਣਾਂ ਨੂੰ ਯਾਦ ਕਰਨ ਦਾ ਚਾਉ ਪੈਦਾ ਹੋਵੇ ।੪।੪।੧੦।

ਜੈਤਸਰੀ ਮਹਲਾ ੪ ॥ ਮਿਲਿ ਸਤਸੰਗਤਿ ਸੰਗਿ ਗੁਰਾਹਾ ॥ ਪੂੰਜੀ ਨਾਮੁ ਗੁਰਮੁਖਿ ਵੇਸਾਹਾ ॥ ਹਰਿ ਹਰਿ ਕ੍ਰਿਪਾ ਧਾਰਿ ਮਧੁਸੂਦਨ ਮਿਲਿ ਸਤਸੰਗਿ ਉਮਾਹਾ ਰਾਮ ॥੧॥ ਹਰਿ ਗੁਣ ਬਾਣੀ ਸ੍ਰਵਣਿ ਸੁਣਾਹਾ ॥ ਕਰਿ ਕਿਰਪਾ ਸਤਿਗੁਰੂ ਮਿਲਾਹਾ ॥ ਗੁਣ ਗਾਵਹ ਗੁਣ ਬੋਲਹ ਬਾਣੀ ਹਰਿ ਗੁਣ ਜਪਿ ਉਮਾਹਾ ਰਾਮ ॥੨॥ ਸਭਿ ਤੀਰਥ ਵਰਤ ਜਗ ਪੁੰਨ ਤੁੋਲਾਹਾ ॥ ਹਰਿ ਹਰਿ ਨਾਮ ਨ ਪੁਜਹਿ ਪੁਜਾਹਾ ॥ ਹਰਿ ਹਰਿ ਅਤੁਲੁ ਤੋਲੁ ਅਤਿ ਭਾਰੀ ਗੁਰਮਤਿ ਜਪਿ ਉਮਾਹਾ ਰਾਮ ॥੩॥ ਸਭਿ ਕਰਮ ਧਰਮ ਹਰਿ ਨਾਮੁ ਜਪਾਹਾ ॥ ਕਿਲਵਿਖ ਮੈਲੁ ਪਾਪ ਧੋਵਾਹਾ ॥ ਦੀਨ ਦਇਆਲ ਹੋਹੁ ਜਨ ਊਪਰਿ ਦੇਹੁ ਨਾਨਕ ਨਾਮੁ ਓਮਾਹਾ ਰਾਮ ॥੪॥੫॥੧੧॥ {ਪੰਨਾ 699}

ਪਦਅਰਥ:- ਮਿਲਿ—ਮਿਲ ਕੇ । ਸੰਗਿ ਗੁਰਾਹਾ—ਗੁਰੂ ਦੀ ਸੰਗਤਿ ਵਿਚ । ਸੰਗਿ—ਨਾਲ । ਪੂੰਜੀ—ਸਰਮਾਇਆ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਵਿਸਾਹਾ—ਖ਼ਰੀਦੋ, ਇਕੱਠਾ ਕਰੋ । ਹਰਿ—ਹੇ ਹਰੀ! ਮਧੁ ਸੂਦਨ—{ਮਧੂ ਦੈਂਤ ਨੂੰ ਮਾਰਨ ਵਾਲਾ} ਹੇ ਪ੍ਰਭੂ! ਉਮਾਹਾ—ਉਤਸ਼ਾਹ ।੧।

ਸ੍ਰਵਣਿ—ਕੰਨ ਨਾਲ । ਗਾਵਹੁ—ਅਸੀ ਗਾਵੀਏ । ਬੋਲਹ—ਅਸੀ ਬੋਲੀਏ ।੨।

ਸਭਿ—ਸਾਰੇ {ਬਹੁ-ਵਚਨ} । ਤੁੋਲਾਹਾ—ਜੇ ਤੋਲੀਏ {ਅੱਖਰ 'ਤ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ ਅਸਲ ਲਫ਼ਜ਼ 'ਤੋਲਾਹਾ' ਹੈ, ਇਥੇ 'ਤੁਲਾਹਾ' ਪੜ੍ਹਨਾ ਹੈ । ਪੁਜਹਿ—ਅੱਪੜਦੇ । ਜਪਿ—ਜਪ ਕੇ ।੩।

ਕਿਲਵਿਖ—ਪਾਪ । ਦੀਨ ਜਨ—ਨਿਮਾਣੇ ਦਾਸ ।੪।

ਅਰਥ:- ਹੇ ਵੈਰੀਆਂ ਦੇ ਨਾਸ ਕਰਨ ਵਾਲੇ ਹਰੀ! (ਅਸਾਂ ਜੀਵਾਂ ਉਤੇ) ਕਿਰਪਾ ਕਰ (ਕਿ) ਸਾਧ ਸੰਗਤਿ ਵਿਚ ਮਿਲ ਕੇ (ਸਾਡੇ ਅੰਦਰ ਤੇਰੇ ਨਾਮ ਦਾ) ਚਾਉ ਪੈਦਾ ਹੋਵੇ, ਸਾਧ ਸੰਗਤਿ ਵਿਚ ਮਿਲ ਕੇ, ਗੁਰੂ ਦੀ ਸੰਗਤਿ ਵਿਚ ਮਿਲ ਕੇ, ਗੁਰੂ ਦੀ ਸਰਨ ਪੈ ਕੇ, ਤੇਰੇ ਨਾਮ ਦਾ ਸਰਮਾਇਆ ਇਕੱਠਾ ਕਰੀਏ ।੧।

ਹੇ ਹਰੀ! ਕਿਰਪਾ ਕਰ ਕੇ (ਮੈਨੂੰ) ਗੁਰੂ ਮਿਲਾ (ਤਾਂ ਕਿ) ਤੇਰੇ ਗੁਣਾਂ ਵਾਲੀ ਬਾਣੀ ਅਸੀ ਕੰਨ ਨਾਲ ਸੁਣੀਏ, ਗੁਰੂ ਦੀ ਬਾਣੀ ਦੀ ਰਾਹੀਂ ਅਸੀ ਤੇਰੇ ਗੁਣ ਗਾਵੀਏ, ਤੇਰੇ ਗੁਣ ਉਚਾਰੀਏ । ਤੇਰੇ ਗੁਣ ਯਾਦ ਕਰ ਕਰ ਕੇ (ਸਾਡੇ ਅੰਦਰ ਤੇਰੀ ਭਗਤੀ ਦਾ) ਚਾਉ ਪੈਦਾ ਹੋਵੇ ।੨।

ਹੇ ਭਾਈ! ਜੇ ਸਾਰੇ ਤੀਰਥ (-ਇਸ਼ਨਾਨ), ਵਰਤ, ਜੱਗ ਅਤੇ ਪੁੰਨ (ਮਿਥੇ ਹੋਏ ਨੇਕ ਕੰਮ) (ਇਕੱਠੇ ਰਲਾ ਕੇ)

ਤੋਲੀਏ, ਇਹ ਪਰਮਾਤਮਾ ਦੇ ਨਾਮ ਤਕ ਨਹੀਂ ਅੱਪੜ ਸਕਦੇ । ਪਰਮਾਤਮਾ (ਦਾ ਨਾਮ) ਤੋਲਿਆ ਨਹੀਂ ਜਾ ਸਕਦਾ, ਉਸ ਦਾ ਬਹੁਤ ਭਾਰਾ ਤੋਲ ਹੈ । ਗੁਰੂ ਦੀ ਮਤਿ ਦੀ ਰਾਹੀਂ ਜਪ ਕੇ (ਮਨ ਵਿਚ ਹੋਰ ਜਪਣ ਦਾ) ਉਤਸ਼ਾਹ ਪੈਦਾ ਹੁੰਦਾ ਹੈ ।੩।

ਹੇ ਨਾਨਕ! (ਆਖ—) ਹੇ ਹਰੀ! ਆਪਣੇ ਨਿਮਾਣੇ ਦਾਸਾਂ ਉੱਤੇ ਦਇਆਵਾਨ ਹੋ, ਦਾਸਾਂ ਨੂੰ ਆਪਣਾ ਨਾਮ ਬਖ਼ਸ਼, (ਨਾਮ ਜਪਣ ਦਾ) ਉਤਸ਼ਾਹ ਦੇਹ, ਅਸੀ ਤੇਰਾ ਨਾਮ ਜਪੀਏ, ਤੇਰਾ ਨਾਮ ਹੀ ਸਾਰੇ (ਮਿੱਥੇ ਹੋਏ) ਧਾਰਮਿਕ ਕੰਮ ਹੈ, (ਤੇਰੇ ਨਾਮ ਦੀ ਬਰਕਤਿ ਨਾਲ) ਸਾਰੇ ਪਾਪਾਂ ਵਿਕਾਰਾਂ ਦੀ ਮੈਲ ਧੁਪ ਜਾਂਦੀ ਹੈ ।੪।੫।੧੧।

ਜੈਤਸਰੀ ਮਹਲਾ ੫ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਕੋਈ ਜਾਨੈ ਕਵਨੁ ਈਹਾ ਜਗਿ ਮੀਤੁ ॥ ਜਿਸੁ ਹੋਇ ਕ੍ਰਿਪਾਲੁ ਸੋਈ ਬਿਧਿ ਬੂਝੈ ਤਾ ਕੀ ਨਿਰਮਲ ਰੀਤਿ ॥੧॥ ਰਹਾਉ ॥ ਮਾਤ ਪਿਤਾ ਬਨਿਤਾ ਸੁਤ ਬੰਧਪ ਇਸਟ ਮੀਤ ਅਰੁ ਭਾਈ ॥ ਪੂਰਬ ਜਨਮ ਕੇ ਮਿਲੇ ਸੰਜੋਗੀ ਅੰਤਹਿ ਕੋ ਨ ਸਹਾਈ ॥੧॥ ਮੁਕਤਿ ਮਾਲ ਕਨਿਕ ਲਾਲ ਹੀਰਾ ਮਨ ਰੰਜਨ ਕੀ ਮਾਇਆ ॥ ਹਾ ਹਾ ਕਰਤ ਬਿਹਾਨੀ ਅਵਧਹਿ ਤਾ ਮਹਿ ਸੰਤੋਖੁ ਨ ਪਾਇਆ ॥੨॥ ਹਸਤਿ ਰਥ ਅਸ੍ਵ ਪਵਨ ਤੇਜ ਧਣੀ ਭੂਮਨ ਚਤੁਰਾਂਗਾ ॥ ਸੰਗਿ ਨ ਚਾਲਿਓ ਇਨ ਮਹਿ ਕਛੂਐ ਊਠਿ ਸਿਧਾਇਓ ਨਾਂਗਾ ॥੩॥ ਹਰਿ ਕੇ ਸੰਤ ਪ੍ਰਿਅ ਪ੍ਰੀਤਮ ਪ੍ਰਭ ਕੇ ਤਾ ਕੈ ਹਰਿ ਹਰਿ ਗਾਈਐ ॥ ਨਾਨਕ ਈਹਾ ਸੁਖੁ ਆਗੈ ਮੁਖ ਊਜਲ ਸੰਗਿ ਸੰਤਨ ਕੈ ਪਾਈਐ ॥੪॥੧॥ {ਪੰਨਾ 700}

ਪਦਅਰਥ:- ਕੋਈ—ਕੋਈ ਵਿਰਲਾ । ਈਹਾ ਜਗਿ—ਇਥੇ ਜਗਤ ਵਿਚ । ਸੋਈ—ਉਹੀ ਮਨੁੱਖ । ਬਿਧਿ—ਜੁਗਤਿ । ਤਾ ਕੀ—ਉਸ ਮਨੁੱਖ ਦੀ । ਰੀਤਿ—ਜੀਵਨ-ਜੁਗਤਿ ।੧।ਰਹਾਉ।

ਬਨਿਤਾ—ਇਸਤ੍ਰੀ । ਸੁਤ—ਪੁੱਤਰ । ਬੰਧਪ—ਰਿਸ਼ਤੇਦਾਰ । ਇਸਟ—ਪਿਆਰੇ, ਇਸ਼ਟ । ਅਰੁ—ਅਤੇ । ਪੂਰਬ—ਪਹਿਲੇ । ਸੰਜੋਗੀ—ਸੰਜੋਗਾਂ ਨਾਲ । ਅੰਤਹਿ—ਅਖ਼ੀਰ ਵੇਲੇ । ਕੋ—ਕੋਈ ਭੀ । ਸਹਾਈ—ਸਾਥੀ ।੧।

ਮੁਕਤਿ—{m0i#qk} ਮੋਤੀ । ਕਨਿਕ—ਸੋਨਾ । ਮਨ ਰੰਜਨ ਕੀ—ਮਨ ਨੂੰ ਖ਼ੁਸ਼ ਕਰਨ ਵਾਲੀ । ਬਿਹਾਨੀ—ਬੀਤ ਗਈ । ਅਵਧਹਿ—ਉਮਰ । ਤਾ ਮਹਿ—ਇਹਨਾਂ ਪਦਾਰਥਾਂ ਵਿਚ । ਸੰਤੋਖੁ—ਸ਼ਾਂਤੀ, ਰੱਜ ।੨।

ਹਸਤਿ—ਹਾਥੀ । ਅਸ੍ਵ—ਘੋੜੇ । ਪਵਨ ਤੇਜ—ਹਵਾ ਦੇ ਵੇਗ ਵਾਲੇ । ਧਣੀ—ਧਨ ਦਾ ਮਾਲਕ । ਭੂਮਨ—ਜ਼ਿਮੀ ਦਾ ਮਾਲਕ । ਚਤੁਰਾਂਗਾ—ਚਾਰ ਅੰਗਾਂ ਵਾਲੀ ਫ਼ੌਜ—ਹਾਥੀ, ਰਥ, ਘੋੜੇ, ਪੈਦਲ । ਸੰਗਿ—ਨਾਲ । ਕਛੂਐ—ਕੁਝ ਭੀ । ਸਿਧਾਇਓ—ਤੁਰ ਪਿਆ ।੩।

ਪ੍ਰਿਅ—ਪਿਆਰੇ । ਤਾ ਕੈ—ਉਹਨਾਂ ਦੀ ਸੰਗਤਿ ਵਿਚ । ਗਾਈਐ—ਗਾਣਾ ਚਾਹੀਦਾ ਹੈ । ਈਹਾ—ਇਸ ਲੋਕ ਵਿਚ । ਆਗੈ—ਪਰਲੋਕ ਵਿਚ । ਊਜਲ—ਰੌਸ਼ਨ । ਕੈ ਸੰਗਿ—ਦੇ ਨਾਲ, ਦੀ ਸੰਗਤਿ ਵਿਚ ।੪।

ਅਰਥ:- ਹੇ ਭਾਈ! ਕੋਈ ਵਿਰਲਾ ਮਨੁੱਖ ਜਾਣਦਾ ਹੈ (ਕਿ) ਇਥੇ ਜਗਤ ਵਿਚ (ਅਸਲੀ) ਮਿੱਤਰ ਕੌਣ ਹੈ । ਜਿਸ ਮਨੁੱਖ ਉੱਤੇ (ਪਰਮਾਤਮਾ) ਦਇਆਵਾਨ ਹੁੰਦਾ ਹੈ, ਉਹੀ ਮਨੁੱਖ ਇਸ ਗੱਲ ਨੂੰ ਸਮਝਦਾ ਹੈ, (ਫਿਰ) ਉਸ ਮਨੁੱਖ ਦੀ ਜੀਵਨਿ-ਜੁਗਤਿ ਪਵਿੱਤ੍ਰ ਹੋ ਜਾਂਦੀ ਹੈ ।੧।ਰਹਾਉ।

ਹੇ ਭਾਈ! ਮਾਂ ਪਿਉ, ਇਸਤ੍ਰੀ, ਪੁੱਤਰ, ਰਿਸ਼ਤੇਦਾਰ, ਪਿਆਰੇ ਮਿੱਤਰ ਅਤੇ ਭਰਾ—ਇਹ ਸਾਰੇ ਪਹਿਲੇ ਜਨਮਾਂ ਦੇ ਸੰਜੋਗਾਂ ਕਰਕੇ (ਇਥੇ) ਮਿਲ ਪਏ ਹਨ । ਅਖ਼ੀਰ ਵੇਲੇ ਇਹਨਾਂ ਵਿਚੋਂ ਕੋਈ ਭੀ ਸਾਥੀ ਨਹੀਂ ਬਣਦਾ ।੧।

ਹੇ ਭਾਈ! ਮੋਤੀਆਂ ਦੀ ਮਾਲਾ, ਸੋਨਾ, ਲਾਲ, ਹੀਰੇ, ਮਨ ਨੂੰ ਖ਼ੁਸ਼ ਕਰਨ ਵਾਲੀ ਮਾਇਆ—ਇਹਨਾਂ ਵਿਚ (ਲੱਗਿਆਂ) ਸਾਰੀ ਉਮਰ 'ਹਾਇ, ਹਾਇ' ਕਰਦਿਆਂ ਗੁਜ਼ਰ ਜਾਂਦੀ ਹੈ, ਮਨ ਨਹੀਂ ਰੱਜਦਾ ।੨।

ਹੇ ਭਾਈ! ਹਾਥੀ, ਰਥ, ਹਵਾ ਦੇ ਵੇਗ ਵਰਗੇ ਘੋੜੇ (ਹੋਣ), ਧਨਾਢ ਹੋਵੇ, ਜ਼ਿਮੀ ਦਾ ਮਾਲਕ ਹੋਵੇ, ਚਾਰ ਕਿਸਮ ਦੀ ਫ਼ੌਜ ਦਾ ਮਾਲਕ ਹੋਵੇ—ਇਹਨਾਂ ਵਿਚੋਂ (ਭੀ) ਕੋਈ ਚੀਜ਼ ਭੀ ਨਾਲ ਨਹੀਂ ਜਾਂਦੀ, (ਇਹਨਾਂ ਦਾ ਮਾਲਕ ਮਨੁੱਖ ਇਥੋਂ) ਨੰਗਾ ਹੀ ਉੱਠ ਕੇ ਤੁਰ ਪੈਂਦਾ ਹੈ ।੩।

ਹੇ ਨਾਨਕ! ਪਰਮਾਤਮਾ ਦੇ ਸੰਤ ਜਨ ਪਰਮਾਤਮਾ ਦੇ ਪਿਆਰੇ ਹੁੰਦੇ ਹਨ, ਉਹਨਾਂ ਦੀ ਸੰਗਤਿ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ । ਇਸ ਲੋਕ ਵਿਚ ਸੁਖ ਮਿਲਦਾ ਹੈ, ਪਰਲੋਕ ਵਿਚ ਸੁਰਖ਼-ਰੂ ਹੋ ਜਾਈਦਾ ਹੈ । (ਪਰ ਇਹ ਦਾਤਿ) ਸੰਤ ਜਨਾਂ ਦੀ ਸੰਗਤਿ ਵਿਚ ਹੀ ਮਿਲਦੀ ਹੈ ।੪।੧।

ਜੈਤਸਰੀ ਮਹਲਾ ੫ ਘਰੁ ੩ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਦੇਹੁ ਸੰਦੇਸਰੋ ਕਹੀਅਉ ਪ੍ਰਿਅ ਕਹੀਅਉ ॥ ਬਿਸਮੁ ਭਈ ਮੈ ਬਹੁ ਬਿਧਿ ਸੁਨਤੇ ਕਹਹੁ ਸੁਹਾਗਨਿ ਸਹੀਅਉ ॥੧॥ ਰਹਾਉ ॥ ਕੋ ਕਹਤੋ ਸਭ ਬਾਹਰਿ ਬਾਹਰਿ ਕੋ ਕਹਤੋ ਸਭ ਮਹੀਅਉ ॥ ਬਰਨੁ ਨ ਦੀਸੈ ਚਿਹਨੁ ਨ ਲਖੀਐ ਸੁਹਾਗਨਿ ਸਾਤਿ ਬੁਝਹੀਅਉ ॥੧॥ ਸਰਬ ਨਿਵਾਸੀ ਘਟਿ ਘਟਿ ਵਾਸੀ ਲੇਪੁ ਨਹੀ ਅਲਪਹੀਅਉ ॥ ਨਾਨਕੁ ਕਹਤ ਸੁਨਹੁ ਰੇ ਲੋਗਾ ਸੰਤ ਰਸਨ ਕੋ ਬਸਹੀਅਉ ॥੨॥੧॥੨॥ {ਪੰਨਾ 700}

ਪਦਅਰਥ:- ਸੰਦੇਸਰੋ—ਪਿਆਰਾ ਸੰਦੇਸ਼ । ਕਹੀਅਉ—ਦੱਸੋ । ਪ੍ਰਿਅ ਸੰਦੇਸਰੋ—ਪਿਆਰੇ ਦਾ ਮਿੱਠਾ ਸੁਨੇਹਾ । ਬਿਸਮੁ—ਹੈਰਾਨ । ਭਈ—ਹੋ ਗਈ । ਬਹੁ ਬਿਧਿ—ਕਈ ਕਿਸਮਾਂ । ਕਹਹੁ—ਦੱਸੋ । ਸਹੀਅਉ—ਹੇ ਸਹੇਲੀਹੋ! ।੧।ਰਹਾਉ।

ਕੋ—ਕੋਈ । ਕਹਤੋ—ਆਖਦਾ ਹੈ । ਮਹੀਅਉ—ਵਿਚ, ਮਾਹਿ । ਬਰਨੁ—ਰੰਗ {vx} । ਦੀਸੈ—ਦਿੱਸਦਾ । ਚਿਹਨੁ—ਨਿਸ਼ਾਨ, ਲੱਛਣ । ਲਖੀਐ—ਨਜ਼ਰ ਆਉਂਦਾ । ਸੁਹਾਗਨਿ—ਹੇ ਸੁਹਾਗਣੋ! ਸਾਤਿ—ਸਤਿ, ਸੱਚ । ਬੁਝਹੀਅਉ—ਸਮਝਾਓ ।੧।

ਨਿਵਾਸੀ—ਨਿਵਾਸ ਰੱਖਣ ਵਾਲਾ । ਘਟਿ ਘਟਿ—ਹਰੇਕ ਸਰੀਰ ਵਿਚ । ਵਾਸੀ—ਵੱਸਣ ਵਾਲਾ । ਲੇਪੁ—(ਮਾਇਆ ਦਾ) ਅਸਰ । ਅਲਪਹੀਅਉ—ਅਲਪ ਭੀ, ਰਤਾ ਭਰ ਭੀ । ਨਾਨਕੁ ਕਹਤ—ਨਾਨਕ ਆਖਦਾ ਹੈ । ਹੇ ਲੋਗਾ—ਹੇ ਲੋਕੋ! ਸੰਤ ਰਸਨ ਕੋ—ਸੰਤ ਕੋ ਰਸਨ, ਸੰਤਾਂ ਦੀ ਜੀਭ ਉਤੇ । ਬਸਹੀਅਉ—ਵੱਸਦਾ ਹੈ ।੨।

ਅਰਥ:- ਹੇ ਸੁਹਾਗਵਤੀ ਸਹੇਲੀਹੋ! (ਹੇ ਗੁਰ-ਸਿੱਖੋ!) ਮੈਨੂੰ ਪਿਆਰੇ ਪ੍ਰਭੂ ਦਾ ਮਿੱਠਾ ਜਿਹਾ ਸਨੇਹਾ ਦਿਹੋ, ਦੱਸੋ । ਮੈਂ (ਉਸ ਪਿਆਰੇ ਦੀ ਬਾਬਤ) ਕਈ ਕਿਸਮਾਂ (ਦੀਆਂ ਗੱਲਾਂ) ਸੁਣ ਸੁਣ ਕੇ ਹੈਰਾਨ ਹੋ ਰਹੀ ਹਾਂ ।੧।ਰਹਾਉ।

ਕੋਈ ਆਖਦਾ ਹੈ, ਉਹ ਸਭਨਾਂ ਤੋਂ ਬਾਹਰ ਹੀ ਵੱਸਦਾ ਹੈ, ਕੋਈ ਆਖਦਾ ਹੈ, ਉਹ ਸਭਨਾਂ ਦੇ ਵਿੱਚ ਵੱਸਦਾ ਹੈ । ਉਸ ਦਾ ਰੰਗ ਨਹੀਂ ਦਿੱਸਦਾ, ਉਸ ਦਾ ਕੋਈ ਲੱਛਣ ਨਜ਼ਰ ਨਹੀਂ ਆਉਂਦਾ । ਹੇ ਸੁਗਾਗਣੋ! ਤੁਸੀ ਮੈਨੂੰ ਸੱਚੀ ਗੱਲ ਸਮਝਾਓ ।੧।

ਨਾਨਕ ਆਖਦਾ ਹੈ—ਹੇ ਲੋਕੋ! ਸੁਣੋ । ਉਹ ਪਰਮਾਤਮਾ ਸਾਰਿਆਂ ਵਿਚ ਨਿਵਾਸ ਰੱਖਣ ਵਾਲਾ ਹੈ, ਹਰੇਕ ਸਰੀਰ ਵਿਚ ਵੱਸਣ ਵਾਲਾ ਹੈ (ਫਿਰ ਭੀ, ਉਸ ਨੂੰ ਮਾਇਆ ਦਾ) ਰਤਾ ਭੀ ਲੇਪ ਨਹੀਂ ਹੈ । ਉਹ ਪ੍ਰਭੂ ਸੰਤ ਜਨਾਂ ਦੀ ਜੀਭ ਉਤੇ ਵੱਸਦਾ ਹੈ (ਸੰਤ ਜਨ ਹਰ ਵੇਲੇ ਉਸ ਦਾ ਨਾਮ ਜਪਦੇ ਹਨ) ।੨।੧।੨।

ਜੈਤਸਰੀ ਮਃ ੫ ॥ ਧੀਰਉ ਸੁਨਿ ਧੀਰਉ ਪ੍ਰਭ ਕਉ ॥੧॥ ਰਹਾਉ ॥ ਜੀਅ ਪ੍ਰਾਨ ਮਨੁ ਤਨੁ ਸਭੁ ਅਰਪਉ ਨੀਰਉ ਪੇਖਿ ਪ੍ਰਭ ਕਉ ਨੀਰਉ ॥੧॥ ਬੇਸੁਮਾਰ ਬੇਅੰਤੁ ਬਡ ਦਾਤਾ ਮਨਹਿ ਗਹੀਰਉ ਪੇਖਿ ਪ੍ਰਭ ਕਉ ॥੨॥ ਜੋ ਚਾਹਉ ਸੋਈ ਸੋਈ ਪਾਵਉ ਆਸਾ ਮਨਸਾ ਪੂਰਉ ਜਪਿ ਪ੍ਰਭ ਕਉ ॥੩॥ ਗੁਰ ਪ੍ਰਸਾਦਿ ਨਾਨਕ ਮਨਿ ਵਸਿਆ ਦੂਖਿ ਨ ਕਬਹੂ ਝੂਰਉ ਬੁਝਿ ਪ੍ਰਭ ਕਉ ॥੪॥੨॥੩॥ {ਪੰਨਾ 700}

ਪਦਅਰਥ:- ਧੀਰਉ—ਧੀਰਉਂ, ਮੈਂ ਧੀਰਜ ਹਾਸਲ ਕਰਦਾ ਹਾਂ । ਕਉ—ਨੂੰ । ਸੁਨਿ—ਸੁਣ ਕੇ ।੧।ਰਹਾਉ।

ਜੀਅ—ਜਿੰਦ । ਸਭੁ—ਹਰੇਕ ਚੀਜ਼, ਸਭ ਕੁਝ । ਅਰਪਉ—ਅਪਰਉਂ, ਮੈਂ ਅਰਪਨ ਕਰਦਾ ਹਾਂ । ਨੀਰਉ—ਨੇੜੇ । ਪੇਖਿ—ਵੇਖ ਕੇ ।੧।

ਬਡ—ਵੱਡਾ । ਮਨਹਿ—ਮਨ ਵਿਚ । ਗਹੀਰਉ—ਮੈਂ ਗਹਿ ਰੱਖਦਾ ਹਾਂ, ਮੈਂ ਫੜੀ ਰੱਖਦਾ ਹਾਂ ।੨।

ਚਾਹਉ—ਚਾਹਉਂ, ਮੈਂ ਚਾਹੁੰਦਾ ਹਾਂ । ਸੋਈ ਸੋਈ—ਉਹੀ ਉਹੀ ਚੀਜ਼ । ਪਾਵਉ—ਪਾਵਉਂ, ਮੈਂ ਹਾਸਲ ਕਰ ਲੈਂਦਾ ਹਾਂ । ਮਨਸਾ—{mnl—w} ਮਨ ਦੀ ਮੁਰਾਦ । ਪੂਰਉ—ਪੂਰਉਂ, ਮੈਂ ਪੂਰੀ ਕਰ ਲੈਂਦਾ ਹਾਂ ।੩।

ਪ੍ਰਸਾਦਿ—ਕਿਰਪਾ ਨਾਲ । ਮਨਿ—ਮਨ ਵਿਚ । ਦੂਖਿ—(ਕਿਸੇ) ਦੁੱਖ ਵਿਚ । ਝੂਰਉ—ਝੂਰਉਂ, ਮੈਂ ਝੂਰਦਾ ਹਾਂ । ਬੁਝਿ—ਸਮਝ ਕੇ ।੪।

ਅਰਥ:- ਹੇ ਭਾਈ! ਮੈਂ ਪ੍ਰਭੂ (ਦੀਆਂ ਗੱਲਾਂ) ਨੂੰ ਸੁਣ ਸੁਣ ਕੇ (ਆਪਣੇ ਮਨ ਵਿਚ) ਸਦਾ ਧੀਰਜ ਹਾਸਲ ਕਰਦਾ ਰਹਿੰਦਾ ਹਾਂ ।੧।

ਹੇ ਭਾਈ! ਪ੍ਰਭੂ ਨੂੰ ਹਰ ਵੇਲੇ (ਆਪਣੇ) ਨੇੜੇ ਵੇਖ ਵੇਖ ਕੇ ਮੈਂ ਆਪਣੀ ਜਿੰਦ-ਪ੍ਰਾਣ, ਆਪਣਾ ਮਨ ਤਨ ਸਭ ਕੁਝ ਉਸ ਦੀ ਭੇਟ ਕਰਦਾ ਰਹਿੰਦਾ ਹਾਂ ।੧।

ਹੇ ਭਾਈ! ਉਹ ਪ੍ਰਭੂ ਵੱਡਾ ਦਾਤਾ ਹੈ, ਬੇਅੰਤ ਹੈ, ਉਸ ਦੇ ਗੁਣਾਂ ਦਾ ਲੇਖਾ ਨਹੀਂ ਹੋ ਸਕਦਾ । ਉਸ ਪ੍ਰਭੂ ਨੂੰ (ਹਰ ਥਾਂ) ਵੇਖ ਕੇ ਮੈਂ ਉਸ ਨੂੰ ਆਪਣੇ ਮਨ ਵਿਚ ਟਿਕਾਈ ਰੱਖਦਾ ਹਾਂ ।੨।

ਹੇ ਭਾਈ! ਮੈਂ (ਜੇਹੜੀ ਜੇਹੜੀ ਚੀਜ਼) ਚਾਹੁੰਦਾ ਹਾਂ, ਉਹੀ ਉਹੀ (ਉਸ ਪ੍ਰਭੂ ਪਾਸੋਂ) ਪ੍ਰਾਪਤ ਕਰ ਲੈਂਦਾ ਹਾਂ । ਪ੍ਰਭੂ (ਦੇ ਨਾਮ) ਨੂੰ ਜਪ ਜਪ ਕੇ ਮੈਂ ਆਪਣੀ ਹਰੇਕ ਆਸ ਹਰੇਕ ਮੁਰਾਦ (ਉਸ ਦੇ ਦਰ ਤੋਂ) ਪੂਰੀ ਕਰ ਲੈਂਦਾ ਹਾਂ ।੩।

ਹੇ ਨਾਨਕ! (ਆਖ—ਹੇ ਭਾਈ!) ਗੁਰੂ ਦੀ ਕਿਰਪਾ ਨਾਲ (ਉਹ ਪ੍ਰਭੂ ਮੇਰੇ) ਮਨ ਵਿਚ ਆ ਵੱਸਿਆ ਹੈ, ਹੁਣ ਮੈਂ ਪ੍ਰਭੂ (ਦੀ ਉਦਾਰਤਾ) ਨੂੰ ਸਮਝ ਕੇ ਕਿਸੇ ਭੀ ਦੁੱਖ ਵਿਚ ਚਿੰਤਾਤੁਰ ਨਹੀਂ ਹੁੰਦਾ ।੪।੨।੩।

ਜੈਤਸਰੀ ਮਹਲਾ ੫ ॥ ਲੋੜੀਦੜਾ ਸਾਜਨੁ ਮੇਰਾ ॥ ਘਰਿ ਘਰਿ ਮੰਗਲ ਗਾਵਹੁ ਨੀਕੇ ਘਟਿ ਘਟਿ ਤਿਸਹਿ ਬਸੇਰਾ ॥੧॥ ਰਹਾਉ ॥ ਸੁਖਿ ਅਰਾਧਨੁ ਦੂਖਿ ਅਰਾਧਨੁ ਬਿਸਰੈ ਨ ਕਾਹੂ ਬੇਰਾ ॥ ਨਾਮੁ

ਜਪਤ ਕੋਟਿ ਸੂਰ ਉਜਾਰਾ ਬਿਨਸੈ ਭਰਮੁ ਅੰਧੇਰਾ ॥੧॥ ਥਾਨਿ ਥਨੰਤਰਿ ਸਭਨੀ ਜਾਈ ਜੋ ਦੀਸੈ ਸੋ ਤੇਰਾ ॥ ਸੰਤਸੰਗਿ ਪਾਵੈ ਜੋ ਨਾਨਕ ਤਿਸੁ ਬਹੁਰਿ ਨ ਹੋਈ ਹੈ ਫੇਰਾ ॥੨॥੩॥੪॥ {ਪੰਨਾ 700}

ਪਦਅਰਥ:- ਲੋੜੀਦੜਾ—ਜਿਸ ਨੂੰ ਹਰੇਕ ਜੀਵ ਲੋੜਦਾ ਹੈ । ਘਰਿ ਘਰਿ—ਹਰੇਕ ਘਰ ਵਿਚ, ਹਰੇਕ ਗਿਆਨ-ਇੰਦ੍ਰੇ ਦੀ ਰਾਹੀਂ । ਮੰਗਲ—ਸਿਫ਼ਤਿ-ਸਾਲਾਹ ਦੇ ਗੀਤ । ਨੀਕੇ—ਸੋਹਣੇ । ਘਟਿ ਘਟਿ—ਹਰੇਕ ਸਰੀਰ ਵਿਚ । ਤਿਸਹਿ—ਉਸ ਦਾ ਹੀ {ਲਫ਼ਜ਼ 'ਜਿਸੁ' ਦਾ _ ਕ੍ਰਿਆ ਵਿਸ਼ੇਸਣ 'ਹੀ' ਦੇ ਕਾਰਨ ਉੱਡ ਗਿਆ ਹੈ} । ਬਸੇਰਾ—ਨਿਵਾਸ ।੧।ਰਹਾਉ।

ਸੁਖਿ—ਸੁਖ ਵਿਚ । ਅਰਾਧਨੁ—ਸਿਮਰਨ । ਦੁਖਿ—ਦੁਖ ਵਿਚ । ਕਾਹੂ ਬੇਰਾ—ਕਿਸੇ ਭੀ ਵੇਲੇ । ਜਪਤ—ਜਪਦਿਆਂ । ਕੋਟਿ—ਕ੍ਰੋੜਾਂ । ਸੂਰ—ਸੂਰਜ । ਉਜਾਰਾ—ਚਾਨਣ । ਭਰਮੁ—ਭਟਕਣਾ ।੧।

ਥਾਨਿ—ਥਾਂ ਵਿਚ । ਥਨੰਤਰਿ—ਥਾਨ ਅੰਤਰਿ, ਥਾਂ ਵਿਚ । ਥਾਨਿ ਥਨੰਤਰਿ—ਹਰੇਕ ਥਾਂ ਵਿਚ । ਜਾਈ—ਜਾਈਂ, ਥਾਵਾਂ ਵਿਚ । ਸੰਗਿ—ਸੰਗਤਿ ਵਿਚ । ਬਹੁਰਿ—ਫਿਰ, ਮੁੜ । ਫੇਰਾ—ਜਨਮ ਮਰਨ ਦਾ ਗੇੜ ।੨।

ਅਰਥ:- ਹੇ ਭਾਈ! ਮੇਰਾ ਸੱਜਣ ਪ੍ਰਭੂ ਐਸਾ ਹੈ ਜਿਸ ਨੂੰ ਹਰੇਕ ਜੀਵ ਮਿਲਣਾ ਚਾਹੁੰਦਾ ਹੈ । ਹੇ ਭਾਈ! ਹਰੇਕ ਗਿਆਨ-ਇੰਦ੍ਰੇ ਦੀ ਰਾਹੀਂ ਉਸ ਦੀ ਸਿਫ਼ਤਿ-ਸਾਲਾਹ ਦੇ ਸੋਹਣੇ ਗੀਤ ਗਾਇਆ ਕਰੋ । ਹਰੇਕ ਸਰੀਰ ਵਿਚ ਉਸ ਦਾ ਹੀ ਨਿਵਾਸ ਹੈ ।੧।ਰਹਾਉ।

ਹੇ ਭਾਈ! ਸੁਖ ਵਿਚ (ਭੀ ਉਸ ਪਰਮਾਤਮਾ ਦਾ) ਸਿਮਰਨ ਕਰਨਾ ਚਾਹੀਦਾ ਹੈ, ਦੁਖ ਵਿਚ (ਉਸ ਦਾ ਹੀ) ਸਿਮਰਨ ਕਰਨਾ ਚਾਹੀਦਾ ਹੈ, ਉਹ ਪਰਮਾਤਮਾ ਕਿਸੇ ਭੀ ਵੇਲੇ ਸਾਨੂੰ ਨਾਹ ਭੁੱਲੇ । ਉਸ ਪਰਮਾਤਮਾ ਦਾ ਨਾਮ ਜਪਦਿਆਂ (ਮਨੁੱਖ ਦੇ ਮਨ ਵਿਚ, ਮਾਨੋ) ਕ੍ਰੋੜਾਂ ਸੂਰਜਾਂ ਦਾ ਚਾਨਣ ਹੋ ਜਾਂਦਾ ਹੈ (ਮਨ ਵਿਚੋਂ) ਮਾਇਆ ਵਾਲੀ ਭਟਕਣਾ ਮੁੱਕ ਜਾਂਦੀ ਹੈ, (ਆਤਮਕ ਜੀਵਨ ਵਲੋਂ ਬੇ-ਸਮਝੀ ਦਾ) ਹਨੇਰਾ ਦੂਰ ਹੋ ਜਾਂਦਾ ਹੈ ।੧।

ਹੇ ਨਾਨਕ! (ਆਖ—ਹੇ ਪ੍ਰਭੂ!) ਹਰੇਕ ਥਾਂ ਵਿਚ, ਸਭਨਾਂ ਥਾਵਾਂ ਵਿਚ (ਤੂੰ ਵੱਸ ਰਿਹਾ ਹੈਂ) ਜੋ ਕੁਝ ਦਿੱਸ ਰਿਹਾ ਹੈ, ਉਹ ਸਭ ਕੁਝ ਤੇਰਾ ਹੀ ਸਰੂਪ ਹੈ । ਸਾਧ ਸੰਗਤਿ ਵਿਚ ਰਹਿ ਕੇ ਜੇਹੜਾ ਮਨੁੱਖ ਤੈਨੂੰ ਲੱਭ ਲੈਂਦਾ ਹੈ ਉਸ ਨੂੰ ਮੁੜ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ ।੨।੩।੪।